ਜੈਤਸਰੀ ਮਹਲਾ ੫ ਘਰੁ ੪ ਦੁਪਦੇ
ੴ ਸਤਿਗੁਰ ਪ੍ਰਸਾਦਿ ॥ ਅਬ ਮੈ ਸੁਖੁ ਪਾਇਓ ਗੁਰ ਆਗੵਿ ॥ ਤਜੀ ਸਿਆਨਪ ਚਿੰਤ ਵਿਸਾਰੀ ਅਹੰ ਛੋਡਿਓ ਹੈ ਤਿਆਗੵਿ ॥੧॥ ਰਹਾਉ ॥ ਜਉ ਦੇਖਉ ਤਉ ਸਗਲ ਮੋਹਿ ਮੋਹੀਅਉ ਤਉ ਸਰਨਿ ਪਰਿਓ ਗੁਰ ਭਾਗਿ ॥ ਕਰਿ ਕਿਰਪਾ ਟਹਲ ਹਰਿ ਲਾਇਓ ਤਉ ਜਮਿ ਛੋਡੀ ਮੋਰੀ ਲਾਗਿ ॥੧॥ ਤਰਿਓ ਸਾਗਰੁ ਪਾਵਕ ਕੋ ਜਉ ਸੰਤ ਭੇਟੇ ਵਡਭਾਗਿ ॥ ਜਨ ਨਾਨਕ ਸਰਬ ਸੁਖ ਪਾਏ ਮੋਰੋ ਹਰਿ ਚਰਨੀ ਚਿਤੁ ਲਾਗਿ ॥੨॥੧॥੫॥ {ਪੰਨਾ ੭੦੧}

ਪਦ ਅਰਥ :—ਆਗੵਿ—ਆਗਿਆ {ਆਗੵਾ} ਵਿਚ । ਤਜੀ—ਛੱਡ ਦਿੱਤੀ ਹੈ । ਸਿਆਨਪ—ਚਤੁਰਾਈ । ਵਿਸਾਰੀ—ਭੁਲਾ ਦਿੱਤੀ ਹੈ । ਅਹੰ—{ਅਹਜ਼ } ਹਉਮੈ । ਤਿਆਗੵਿ—ਤਿਆਗ ਕੇ {ਅੱਖਰ 'ਗ' ਦੇ ਨਾਲ ਅੱਧਾ 'ਯ' ਭੀ ਹੈ} ।੧।ਰਹਾਉ।

ਜਉ—ਜਦੋਂ । ਦੇਖਉ—ਦੇਖਉਂ, ਮੈਂ ਵੇਖਦਾ ਹਾਂ । ਸਗਲ—ਸਾਰੀ ਲੁਕਾਈ । ਮੋਹਿ—ਮੋਹ ਵਿਚ । ਮੋਹੀਅਉ—ਫਸੀ ਹੋਈ ਹੈ । ਭਾਗਿ—ਭੱਜ ਕੇ । ਕਰਿ—ਕਰ ਕੇ । ਤਉ—ਤਦੋਂ । ਜਮਿ—ਜਮ ਨੇ । ਮੋਰੀ ਲਾਗਿ—ਮੇਰਾ ਪਿੱਛਾ ।੧।

ਸਾਗਰੁ—ਸਮੁੰਦਰ । ਪਾਵਕ—ਅੱਗ । ਕੋ—ਦਾ । ਵਡ ਭਾਗਿ—ਵੱਡੀ ਕਿਸਮਤ ਨਾਲ । ਸਰਬ ਸੁਖ—ਸਾਰੇ ਸੁਖ {ਲਫ਼ਜ਼ 'ਸੁਖੁ' ਅਤੇ 'ਸੁਖ' ਦਾ ਫ਼ਰਕ ਚੇਤੇ ਰੱਖੋ} । ਮੋਰੋ ਚਿਤੁ—ਮੇਰਾ ਚਿੱਤ । ਲਾਗਿ—ਲੱਗ ਗਿਆ ਹੈ ।੨।

ਅਰਥ :—ਹੇ ਭਾਈ! ਹੁਣ ਮੈਂ ਗੁਰੂ ਦੀ ਆਗਿਆ ਵਿਚ (ਤੁਰ ਕੇ) ਆਨੰਦ ਪ੍ਰਾਪਤ ਕਰ ਲਿਆ ਹੈ । ਮੈਂ ਆਪਣੀ ਚਤੁਰਾਈ ਛੱਡ ਦਿੱਤੀ ਹੈ, ਮੈਂ ਚਿੰਤਾ ਭੁਲਾ ਦਿੱਤੀ ਹੈ, ਮੈਂ ਹਉਮੈ (ਆਪਣੇ ਅੰਦਰੋਂ) ਪਰੇ ਸੁੱਟ ਦਿੱਤੀ ਹੈ ।੧।ਰਹਾਉ।

ਹੇ ਭਾਈ! ਜਦੋਂ ਮੈਂ ਵੇਖਦਾ ਹਾਂ (ਵੇਖਿਆ ਕਿ) ਸਾਰੀ ਲੁਕਾਈ ਮੋਹ ਵਿਚ ਫਸੀ ਹੋਈ ਹੈ, ਤਦੋਂ ਮੈਂ ਭੱਜ ਕੇ ਗੁਰੂ ਦੀ ਸਰਨ ਜਾ ਪਿਆ । (ਗੁਰੂ ਨੇ) ਕਿਰਪਾ ਕਰ ਕੇ ਮੈਨੂੰ ਪਰਮਾਤਮਾ ਦੀ ਸੇਵਾ-ਭਗਤੀ ਵਿਚ ਜੋੜ ਦਿੱਤਾ । ਤਦੋਂ ਜਮਰਾਜ ਨੇ ਮੇਰਾ ਖਹੜਾ ਛੱਡ ਦਿੱਤਾ ।੧।

ਜਦੋਂ ਵੱਡੀ ਕਿਸਮਤ ਨਾਲ ਮੈਨੂੰ ਗੁਰੂ ਮਿਲ ਪਏ, ਮੈਂ (ਵਿਕਾਰਾਂ ਦੀ) ਅੱਗ ਦਾ ਸਮੁੰਦਰ ਤਰ ਲਿਆ ਹੈ । ਹੇ ਦਾਸ ਨਾਨਕ! (ਆਖ—) ਹੁਣ ਮੈਂ ਸਾਰੇ ਸੁਖ ਪ੍ਰਾਪਤ ਕਰ ਲਏ ਹਨ, ਮੇਰਾ ਮਨ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ ।੨।੧।੫।

ਜੈਤਸਰੀ ਮਹਲਾ ੫ ॥ ਮਨ ਮਹਿ ਸਤਿਗੁਰ ਧਿਆਨੁ ਧਰਾ ॥ ਦ੍ਰਿੜ੍ਹਿਓ ਗਿਆਨੁ ਮੰਤ੍ਰੁ ਹਰਿ ਨਾਮਾ ਪ੍ਰਭ ਜੀਉ ਮਇਆ ਕਰਾ ॥੧॥ ਰਹਾਉ ॥ ਕਾਲ ਜਾਲ ਅਰੁ ਮਹਾ ਜੰਜਾਲਾ ਛੁਟਕੇ ਜਮਹਿ ਡਰਾ ॥ ਆਇਓ ਦੁਖ ਹਰਣ ਸਰਣ ਕਰੁਣਾਪਤਿ ਗਹਿਓ ਚਰਣ ਆਸਰਾ ॥੧॥ ਨਾਵ ਰੂਪ ਭਇਓ ਸਾਧ ਸੰਗੁ ਭਵਨਿਧਿ ਪਾਰਿ ਪਰਾ ॥ ਅਪਿਉ ਪੀਓ ਗਤੁ ਥੀਓ ਭਰਮਾ ਕਹੁ ਨਾਨਕ ਅਜਰੁ ਜਰਾ ॥੨॥੨॥੬॥ {ਪੰਨਾ ੭੦੧}

ਪਦ ਅਰਥ :—ਦ੍ਰਿੜ੍ਹੀਓ—(ਹਿਰਦੇ ਵਿਚ) ਪੱਕਾ ਕਰ ਲਿਆ ਹੈ । ਗਿਆਨੁ—ਆਤਮਕ ਜੀਵਨ ਦੀ ਸੂਝ । ਮਇਆ—ਦਇਆ ।੧।ਰਹਾਉ।

ਕਾਲ ਜਾਲ—ਆਤਮਕ ਮੌਤ ਲਿਆਉਣ ਵਾਲੀਆਂ ਫਾਹੀਆਂ । ਅਰੁ—ਅਤੇ । ਛੁਟਕੇ—ਮੁੱਕ ਗਏ । ਜਮਹਿ—ਜਮਾਂ ਦਾ । ਦੁਖ ਹਰਣ—ਦੁੱਖਾਂ ਦਾ ਨਾਸ ਕਰਨ ਵਾਲਾ । ਕਰੁਣਾ—ਤਰਸ । ਕਰੁਣਾ ਪਤਿ—ਤਰਸ ਦਾ ਮਾਲਕ । ਗਹਿਓ—ਫੜਿਆ ਹੈ ।੧।

ਨਾਵ—ਬੇੜੀ । ਨਾਵ ਰੂਪ ਭਇਓ—ਬੇੜੀ ਦਾ ਰੂਪ ਬਣ ਗਿਆ ਹੈ, ਬੇੜੀ ਦਾ ਕੰਮ ਦੇ ਦਿੱਤਾ ਹੈ । ਸੰਗੁ—ਸਾਥ, ਸੰਗਤਿ । ਭਵ ਨਿਧਿ—ਸੰਸਾਰ-ਸਮੁੰਦਰ । ਅਪਿਓ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਗਤੁ ਥੀਓ—ਚਲਾ ਗਿਆ ਹੈ । ਅਜਰੁ—ਜਰਾ-ਰਹਿਤ ਆਤਮਕ ਦਰਜਾ, ਉਹ ਆਤਮਕ ਦਰਜਾ ਜਿਸ ਨੂੰ ਬੁਢੇਪਾ ਨਹੀਂ ਆ ਸਕਦਾ । ਜਰਾ—ਪ੍ਰਾਪਤ ਕਰ ਲਿਆ ਹੈ ।੨।

ਅਰਥ :—ਹੇ ਭਾਈ! (ਜਦੋਂ ਮੈਂ) ਗੁਰੂ (ਦੇ ਚਰਨਾਂ) ਦਾ ਧਿਆਨ (ਆਪਣੇ) ਮਨ ਵਿਚ ਧਰਿਆ, ਪਰਮਾਤਮਾ ਨੇ (ਮੇਰੇ ਉਤੇ) ਮੇਹਰ ਕੀਤੀ, ਮੈਂ ਪਰਮਾਤਮਾ ਦਾ ਨਾਮ-ਮੰਤ੍ਰ ਹਿਰਦੇ ਟਿਕਾ ਲਿਆ, ਆਤਮਕ ਜੀਵਨ ਦੀ ਸੂਝ ਹਿਰਦੇ ਵਿਚ ਪੱਕੀ ਕਰ ਲਈ ।੧।ਰਹਾਉ।

(ਹੇ ਭਾਈ! ਗੁਰੂ ਦੀ ਸਹਾਇਤਾ ਨਾਲ) ਮੈਂ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਦੀ ਸਰਨ ਆ ਪਿਆ, ਤਰਸ ਦੇ ਮਾਲਕ ਹਰੀ ਦਾ ਮੈਂ ਆਸਰਾ ਲੈ ਲਿਆ । ਆਤਮਕ ਮੌਤ ਲਿਅਉਣ ਵਾਲੀਆਂ ਮੇਰੀਆਂ ਫਾਹੀਆਂ ਟੁੱਟ ਗਈਆਂ, ਮਾਇਆ ਦੇ ਵੱਡੇ ਜੰਜਾਲ ਮੁੱਕ ਗਏ, ਜਮਾਂ ਦਾ ਡਰ ਦੂਰ ਹੋ ਗਿਆ ।੧।

ਹੇ ਭਾਈ! ਗੁਰੂ ਦੀ ਸੰਗਤਿ ਨੇ ਮੇਰੇ ਵਾਸਤੇ ਬੇੜੀ ਦਾ ਕੰਮ ਦਿੱਤਾ, ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹਾਂ । ਹੇ ਨਾਨਕ! ਆਖ—ਮੈਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਲਿਆ ਹੈ, ਮੇਰੇ ਮਨ ਦੀ ਭਟਕਣਾ ਦੂਰ ਹੋ ਗਈ ਹੈ, ਮੈਂ ਉਹ ਆਤਮਕ ਦਰਜਾ ਪ੍ਰਾਪਤ ਕਰ ਲਿਆ ਹੈ ਜਿਸ ਨੂੰ ਬੁਢੇਪਾ ਨਹੀਂ ਆ ਸਕਦਾ ।੨।੨।੬।

ਜੈਤਸਰੀ ਮਹਲਾ ੫ ॥ ਜਾ ਕਉ ਭਏ ਗੋਵਿੰਦ ਸਹਾਈ ॥ ਸੁਖ ਸਹਜ ਆਨੰਦ ਸਗਲ ਸਿਉ ਵਾ ਕਉ ਬਿਆਧਿ ਨ ਕਾਈ ॥੧॥ ਰਹਾਉ ॥ ਦੀਸਹਿ ਸਭ ਸੰਗਿ ਰਹਹਿ ਅਲੇਪਾ ਨਹ ਵਿਆਪੈ ਉਨ ਮਾਈ ॥ ਏਕੈ ਰੰਗਿ ਤਤ ਕੇ ਬੇਤੇ ਸਤਿਗੁਰ ਤੇ ਬੁਧਿ ਪਾਈ ॥੧॥ ਦਇਆ ਮਇਆ ਕਿਰਪਾ ਠਾਕੁਰ ਕੀ ਸੇਈ ਸੰਤ ਸੁਭਾਈ ॥ ਤਿਨ ਕੈ ਸੰਗਿ ਨਾਨਕ ਨਿਸਤਰੀਐ ਜਿਨ ਰਸਿ ਰਸਿ ਹਰਿ ਗੁਨ ਗਾਈ ॥੨॥੩॥੭॥ {ਪੰਨਾ ੭੦੧}

ਪਦ ਅਰਥ :—ਜਾ ਕਉ—ਜਿਨ੍ਹਾਂ (ਮਨੁੱਖਾਂ) ਵਾਸਤੇ । ਸਹਾਈ—ਮਦਦਗਾਰ । ਸਹਜ—ਆਤਮਕ ਅਡੋਲਤਾ । ਸਗਲ—ਸਾਰੇ । ਸਿਉ—ਨਾਲ । ਵਾ ਕਉ—ਉਹਨਾਂ ਨੂੰ । ਕਾਈ ਬਿਆਧਿ—ਕੋਈ ਭੀ ਰੋਗ ।੧।ਰਹਾਉ।

ਦੀਸਹਿ—ਦਿੱਸਦੇ ਹਨ । ਸੰਗਿ—ਨਾਲ । ਰਹਹਿ—ਰਹਿੰਦੇ ਹਨ । ਅਲੇਪਾ—ਨਿਰਲੇਪ, ਨਿਰਾਲੇ । ਵਿਆਪੈ—ਜ਼ੋਰ ਪਾਂਦੀ । ਉਨ—ਉਹਨਾਂ ਨੂੰ । ਮਾਈ—ਮਾਇਆ । ਰੰਗਿ—ਪ੍ਰੇਮ ਵਿਚ । ਤਤ—ਅਸਲੀਅਤ । ਬੇਤੇ—ਜਾਣਨ ਵਾਲੇ । ਤੇ—ਤੋਂ । ਬੁਧਿ—ਅਕਲ ।੧।

ਮਇਆ—ਮੇਹਰ । ਸੇਈ—ਉਹੀ । ਸੁਭਾਈ—ਪ੍ਰੇਮ-ਭਰੇ ਹਿਰਦੇ ਵਾਲੇ । ਭਾਉ—ਪ੍ਰੇਮ । ਕੈ ਸੰਗਿ—ਦੇ ਨਾਲ, ਦੀ ਸੰਗਤਿ ਵਿਚ । ਨਿਸਤਰੀਐ—ਪਾਰ ਲੰਘ ਜਾਈਦਾ ਹੈ । ਰਸਿ—ਪ੍ਰੇਮ ਨਾਲ ।੨।

ਅਰਥ :—ਹੇ ਭਾਈ! ਜਿਨ੍ਹਾਂ ਮਨੁੱਖਾਂ ਵਾਸਤੇ ਪਰਮਾਤਮਾ ਮਦਦਗਾਰ ਬਣ ਜਾਂਦਾ ਹੈ (ਉਹਨਾਂ ਦੀ ਉਮਰ) ਆਤਮਕ ਅਡੋਲਤਾ ਦੇ ਸਾਰੇ ਸੁਖਾਂ ਆਨੰਦਾਂ ਨਾਲ (ਬੀਤਦੀ ਹੈ) ਉਹਨਾਂ ਨੂੰ ਕੋਈ ਰੋਗ ਨਹੀਂ ਪੋਂਹਦਾ ।੧।ਰਹਾਉ।

ਹੇ ਭਾਈ! ਉਹ ਮਨੁੱਖ ਸਭਨਾਂ ਨਾਲ (ਵਰਤਦੇ) ਦਿੱਸਦੇ ਹਨ, ਪਰ ਉਹ (ਮਾਇਆ ਤੋਂ) ਨਿਰਲੇਪ ਰਹਿੰਦੇ ਹਨ, ਮਾਇਆ ਉਹਨਾਂ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ । ਉਹ ਇਕ ਪਰਮਾਤਮਾ ਦੇ ਪ੍ਰੇਮ ਵਿਚ ਟਿਕੇ ਰਹਿੰਦੇ ਹਨ, ਉਹ ਜੀਵਨ ਦੀ ਅਸਲੀਅਤ ਦੇ ਜਾਣਨ ਵਾਲੇ ਬਣ ਜਾਂਦੇ ਹਨ—ਇਹ ਅਕਲ ਉਹਨਾਂ ਗੁਰੂ ਪਾਸੋਂ ਪ੍ਰਾਪਤ ਕਰ ਲਈ ਹੁੰਦੀ ਹੈ ।੧।

ਹੇ ਨਾਨਕ! ਉਹੀ ਮਨੁੱਖ ਪ੍ਰੇਮ-ਭਰੇ ਹਿਰਦੇ ਵਾਲੇ ਸੰਤ ਬਣ ਜਾਂਦੇ ਹਨ, ਜਿਨ੍ਹਾਂ ਉਤੇ ਮਾਲਕ-ਪ੍ਰਭੂ ਦੀ ਕਿਰਪਾ ਮੇਹਰ ਦਇਆ ਹੁੰਦੀ ਹੈ ਜੇਹੜੇ ਮਨੁੱਖ ਸਦਾ ਪ੍ਰੇਮ ਨਾਲ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ।੨।੩।੭।

ਜੈਤਸਰੀ ਮਹਲਾ ੫ ॥ ਗੋਬਿੰਦ ਜੀਵਨ ਪ੍ਰਾਨ ਧਨ ਰੂਪ ॥ ਅਗਿਆਨ ਮੋਹ ਮਗਨ ਮਹਾ ਪ੍ਰਾਨੀ ਅੰਧਿਆਰੇ ਮਹਿ ਦੀਪ ॥੧॥ ਰਹਾਉ ॥ ਸਫਲ ਦਰਸਨੁ ਤੁਮਰਾ ਪ੍ਰਭ ਪ੍ਰੀਤਮ ਚਰਨ ਕਮਲ ਆਨੂਪ ॥ ਅਨਿਕ ਬਾਰ ਕਰਉ ਤਿਹ ਬੰਦਨ ਮਨਹਿ ਚਰ੍ਹਾਵਉ ਧੂਪ ॥੧॥ ਹਾਰਿ ਪਰਿਓ ਤੁਮ੍ਹ੍ਰੈ ਪ੍ਰਭ ਦੁਆਰੈ ਦ੍ਰਿੜ੍ਹ੍ਹ ਕਰਿ ਗਹੀ ਤੁਮ੍ਹਾਰੀ ਲੂਕ ॥ ਕਾਢਿ ਲੇਹੁ ਨਾਨਕ ਅਪੁਨੇ ਕਉ ਸੰਸਾਰ ਪਾਵਕ ਕੇ ਕੂਪ ॥੨॥੪॥੮॥ {ਪੰਨਾ ੭੦੧}

ਪਦ ਅਰਥ :—ਗੋਬਿੰਦ—ਹੇ ਗੋਬਿੰਦ! ਜੀਵਨ—ਜ਼ਿੰਦਗੀ । ਰੂਪ—ਸੁਹਣੱਪ । ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ । ਮਗਨ—ਡੁੱਬੇ ਹੋਏ, ਮਸਤ । ਦੀਪ—ਦੀਵਾ ।੧।ਰਹਾਉ।

ਸਫਲ—ਫਲ ਦੇਣ ਵਾਲਾ । ਪ੍ਰਭ—ਹੇ ਪ੍ਰਭੂ! ਆਨੂਪ—ਬੇ-ਮਿਸਾਲ, ਜਿਨ੍ਹਾਂ ਦੀ ਉਪਮਾ ਨਾਹ ਹੋ ਸਕੇ, ਜਿਨ੍ਹਾਂ ਵਰਗਾ ਹੋਰ ਕੋਈ ਨਹੀਂ । ਕਰਉ—ਕਰਉਂ, ਮੈਂ ਕਰਦਾ ਹਾਂ । ਤਿਹ—ਉਹਨਾਂ (ਚਰਨਾਂ) ਨੂੰ । ਮਨਹਿ—ਮਨ ਹੀ । ਚਰਾਵਉ—ਚਰਾਵਉਂ, ਮੈਂ ਚੜ੍ਹਾਂਦਾ ਹਾਂ, ਭੇਟਾ ਕਰਦਾ ਹਾਂ ।੧।

ਹਾਰਿ—ਥੱਕ ਕੇ । ਦੁਆਰੈ—ਦਰ ਤੇ । ਦ੍ਰਿੜੁ ਕਰਿ—ਪੱਕੀ ਕਰ ਕੇ । ਗਹੀ—ਫੜੀ । ਲੂਕ—ਖ਼ਤਰਿਆਂ ਤੋਂ ਬਚਣ ਵਾਸਤੇ ਲੁਕਵੀਂ ਥਾਂ, ਓਟ । ਪਾਵਕ—ਅੱਗ । ਕੂਪ—ਖੂਹ ।੨।

ਅਰਥ :—ਹੇ ਗੋਬਿੰਦ! ਤੂੰ ਅਸਾਂ ਜੀਵਾਂ ਦੀ ਜ਼ਿੰਦਗੀ ਹੈਂ, ਪ੍ਰਾਨ ਹੈਂ, ਧਨ ਹੈਂ, ਸੁਹਜ ਹੈਂ । ਜੀਵ ਆਤਮਕ ਜੀਵਨ ਵਲੋਂ ਬੇ-ਸਮਝੀ ਵਿਚ, ਮੋਹ ਵਿਚ ਬਹੁਤ ਡੁੱਬੇ ਰਹਿੰਦੇ ਹਨ, ਇਸ ਹਨੇਰੇ ਵਿਚ ਤੂੰ (ਜੀਵਾਂ ਲਈ) ਦੀਵਾ ਹੈਂ ।੧।ਰਹਾਉ।

ਹੇ ਪ੍ਰੀਤਮ ਪ੍ਰਭੂ! ਤੇਰਾ ਦਰਸ਼ਨ ਜੀਵਨ ਮਨੋਰਥ ਪੂਰਾ ਕਰਨ ਵਾਲਾ ਹੈ, ਤੇਰੇ ਸੋਹਣੇ ਚਰਨ ਬੇ-ਮਿਸਾਲ ਹਨ । ਮੈਂ (ਤੇਰੇ) ਇਹਨਾਂ ਚਰਨਾਂ ਉਤੇ ਅਨੇਕਾਂ ਵਾਰੀ ਨਮਸਕਾਰ ਕਰਦਾ ਹਾਂ, ਆਪਣਾ ਮਨ ਹੀ (ਤੇਰੇ ਚਰਨਾਂ ਅੱਗੇ) ਭੇਟਾ ਧਰਦਾ ਹਾਂ ਇਹੀ ਧੂਪ ਅਰਪਣ ਕਰਦਾ ਹਾਂ ।੧।

ਹੇ ਪ੍ਰਭੂ! (ਹੋਰ ਆਸਰਿਆਂ ਵਲੋਂ) ਥੱਕ ਕੇ ਮੈਂ ਤੇਰੇ ਦਰ ਤੇ ਆ ਡਿੱਗਾ ਹਾਂ । ਮੈਂ ਤੇਰੀ ਓਟ ਪੱਕੀ ਕਰ ਕੇ ਫੜ ਲਈ ਹੈ । ਹੇ ਪ੍ਰਭੂ! ਸੰਸਾਰ-ਅੱਗ ਦੇ ਖੂਹ ਵਿਚੋਂ ਆਪਣੇ ਦਾਸ ਨਾਨਕ ਨੂੰ ਕੱਢ ਲੈ ।੨।੪।੮।

ਜੈਤਸਰੀ ਮਹਲਾ ੫ ॥ ਕੋਈ ਜਨੁ ਹਰਿ ਸਿਉ ਦੇਵੈ ਜੋਰਿ ॥ ਚਰਨ ਗਹਉ ਬਕਉ ਸੁਭ ਰਸਨਾ ਦੀਜਹਿ ਪ੍ਰਾਨ ਅਕੋਰਿ ॥੧॥ ਰਹਾਉ ॥ ਮਨੁ ਤਨੁ ਨਿਰਮਲ ਕਰਤ ਕਿਆਰੋ ਹਰਿ ਸਿੰਚੈ ਸੁਧਾ ਸੰਜੋਰਿ ॥ ਇਆ ਰਸ ਮਹਿ ਮਗਨੁ ਹੋਤ ਕਿਰਪਾ ਤੇ ਮਹਾ ਬਿਖਿਆ ਤੇ ਤੋਰਿ ॥੧॥ ਆਇਓ ਸਰਣਿ ਦੀਨ ਦੁਖ ਭੰਜਨ ਚਿਤਵਉ ਤੁਮ੍ਹਰੀ ਓਰਿ ॥ ਅਭੈ ਪਦੁ ਦਾਨੁ ਸਿਮਰਨੁ ਸੁਆਮੀ ਕੋ ਪ੍ਰਭ ਨਾਨਕ ਬੰਧਨ ਛੋਰਿ ॥੨॥੫॥੯॥ {ਪੰਨਾ ੭੦੧}

ਪਦ ਅਰਥ :—ਸਿਉ—ਨਾਲ । ਜੋਰਿ—ਜੋੜਿ । ਗਹਉ—ਗਹਉਂ, ਮੈਂ ਫੜ ਲਵਾਂ । ਬਕਉ—ਬਕਉਂ, ਮੈਂ ਬੋਲਾਂ । ਸੁਭ—ਮਿੱਠੇ ਬੋਲ । ਰਸਨਾ—ਜੀਭ (ਨਾਲ) । ਅਕੋਰਿ—ਭੇਟਾ ।੧।ਰਹਾਉ।

ਕਿਆਰੋ—ਕਿਆਰਾ । ਸਿੰਚੈ—ਸਿੰਜਦਾ ਹੈ । ਸੁਧਾ—ਅੰਮ੍ਰਿਤ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਸੰਜੋਰਿ—ਚੰਗੀ ਤਰ੍ਹਾਂ ਜੋੜ ਕੇ । ਇਆ ਰਸ ਮਹਿ—ਇਸ ਰਸ ਵਿਚ । ਮਗਨੁ—ਮਸਤ । ਤੇ—ਤੋਂ, ਨਾਲ । ਬਿਖਿਆ—ਮਾਇਆ । ਤੋਰਿ—ਤੋੜ ਕੇ ।੧।

ਦੀਨ ਦੁਖ ਭੰਜਨ—ਹੇ ਦੀਨਾਂ ਦੇ ਦੁੱਖ ਦੂਰ ਕਰਨ ਵਾਲੇ! ਚਿਤਵਉ—ਚਿਤਵਉਂ, ਮੈਂ ਚਿਤਵਦਾ ਹਾਂ । ਓਰਿ—ਪਾਸਾ, ਓਟ । ਅਭੈ ਪਦੁ—ਨਿਰਭੈਤਾ ਦੀ ਅਵਸਥਾ । ਕੋ—ਦਾ । ਛੋਰਿ—ਛੁੜਾ ਕੇ ।੨।

ਅਰਥ :—ਹੇ ਭਾਈ! ਜੇ ਕੋਈ ਮਨੁੱਖ ਮੈਨੂੰ ਪਰਮਾਤਮਾ (ਦੇ ਚਰਨਾਂ) ਨਾਲ ਜੋੜ ਦੇਵੇ, ਤਾਂ ਮੈਂ ਉਸ ਦੇ ਚਰਨ ਫੜ ਲਵਾਂ, ਮੈਂ ਜੀਭ ਨਾਲ (ਉਸ ਦੇ ਧੰਨਵਾਦ ਦੇ) ਮਿੱਠੇ ਬੋਲ ਬੋਲਾਂ । ਮੇਰੇ ਇਹ ਪ੍ਰਾਣ ਉਸ ਅੱਗੇ ਭੇਟਾ ਦੇ ਤੌਰ ਤੇ ਦਿੱਤੇ ਜਾਣ ।੧।ਰਹਾਉ।

ਹੇ ਭਾਈ! ਕੋਈ ਵਿਰਲਾ ਮਨੁੱਖ ਪਰਮਾਤਮਾ ਦੀ ਕਿਰਪਾ ਨਾਲ ਆਪਣੇ ਮਨ ਨੂੰ ਸਰੀਰ ਨੂੰ, ਪਵਿਤ੍ਰ ਕਿਆਰਾ ਬਣਾਂਦਾ ਹੈ, ਉਸ ਵਿਚ ਪ੍ਰਭੂ ਦਾ ਨਾਮ-ਜਲ ਚੰਗੀ ਤਰ੍ਹਾਂ ਸਿੰਜਦਾ ਹੈ, ਤੇ, ਵੱਡੀ (ਮੋਹਣੀ) ਮਾਇਆ ਨਾਲੋਂ (ਸੰਬੰਧ) ਤੋੜ ਕੇ ਇਸ (ਨਾਮ-) ਰਸ ਵਿਚ ਮਸਤ ਰਹਿੰਦਾ ਹੈ ।੧।

ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰਾ ਹੀ ਆਸਰਾ (ਆਪਣੇ ਮਨ ਵਿਚ) ਚਿਤਾਰਦਾ ਰਹਿੰਦਾ ਹਾਂ । ਹੇ ਪ੍ਰਭੂ! (ਮੈਂ) ਨਾਨਕ ਦੇ (ਮਾਇਆ ਵਾਲੇ) ਬੰਧਨ ਛੁਡਾ ਕੇ ਮੈਨੂੰ ਆਪਣੇ ਨਾਮ ਦਾ ਸਿਮਰਨ ਦੇਹ, ਮੈਨੂੰ (ਵਿਕਾਰਾਂ ਦੇ ਟਾਕਰੇ ਤੇ) ਨਿਰਭੈਤਾ ਵਾਲੀ ਅਵਸਥਾ ਬਖ਼ਸ਼ ।੨।੫।੯।

ਜੈਤਸਰੀ ਮਹਲਾ ੫ ॥ ਚਾਤ੍ਰਿਕ ਚਿਤਵਤ ਬਰਸਤ ਮੇਂਹ ॥ ਕ੍ਰਿਪਾ ਸਿੰਧੁ ਕਰੁਣਾ ਪ੍ਰਭ ਧਾਰਹੁ ਹਰਿ ਪ੍ਰੇਮ ਭਗਤਿ ਕੋ ਨੇਂਹ ॥੧॥ ਰਹਾਉ ॥ ਅਨਿਕ ਸੂਖ ਚਕਵੀ ਨਹੀ ਚਾਹਤ ਅਨਦ ਪੂਰਨ ਪੇਖਿ ਦੇਂਹ ॥ ਆਨ ਉਪਾਵ ਨ ਜੀਵਤ ਮੀਨਾ ਬਿਨੁ ਜਲ ਮਰਨਾ ਤੇਂਹ ॥੧॥ ਹਮ ਅਨਾਥ ਨਾਥ ਹਰਿ ਸਰਣੀ ਅਪੁਨੀ ਕ੍ਰਿਪਾ ਕਰੇਂਹ ॥ ਚਰਣ ਕਮਲ ਨਾਨਕੁ ਆਰਾਧੈ ਤਿਸੁ ਬਿਨੁ ਆਨ ਨ ਕੇਂਹ ॥੨॥੬॥੧੦॥ {ਪੰਨਾ 702}

ਪਦ ਅਰਥ :—ਚਾਤ੍ਰਿਕ—ਪਪੀਹਾ । ਚਿਤਵਤ—ਚਿਤਾਰਦਾ ਰਹਿੰਦਾ ਹੈ । ਬਰਸਤ ਮੇਂਹ—(ਕਿ) ਮੀਂਹ ਵਰ੍ਹੇ, ਮੀਂਹ ਦਾ ਵਰ੍ਹਨਾ । ਸਿੰਧੁ—ਸਮੁੰਦਰ । ਕ੍ਰਿਪਾ ਸਿੰਧੁ—ਹੇ ਕਿਰਪਾ ਦੇ ਸਮੁੰਦਰ! ਕਰੁਣਾ—ਤਰਸ, ਦਇਆ । ਕੋ—ਦਾ । ਨੇਂਹ—ਪ੍ਰੇਮ, ਲਗਨ, ਸ਼ੌਕ ।੧।ਰਹਾਉ।

ਚਾਹਤ—ਚਾਹੁੰਦੀ । ਅਨਦ—ਆਨੰਦ, ਸੁਖ । ਪੇਖਿ—ਵੇਖ ਕੇ । ਦੇਂਹ—ਦਿਨ । ਆਨ—{ਅੰਯ} ਹੋਰ ਹੋਰ । ਮੀਨਾ—ਮੱਛੀ । ਤੇਂਹ—ਉਸ ਦਾ । ਮਰਨਾ—ਮੌਤ ।੧।

ਨਾਥ—ਹੇ ਨਾਥ! ਕਰੇਂਹ—ਕਰ । ਨਾਨਕੁ ਆਰਾਧੈ—ਨਾਨਕ ਆਰਾਧਦਾ ਰਹੇ । ਤਿਸੁ ਬਿਨੁ—ਉਸ (ਆਰਾਧਨ) ਤੋਂ ਬਿਨਾ । ਆਨ—ਹੋਰ । ਕੇਂਹ—ਕੁਝ ਭੀ ।੨।

ਅਰਥ :—ਜਿਵੇਂ ਪਪੀਹਾ (ਹਰ ਵੇਲੇ) ਮੀਂਹ ਦਾ ਵੱਸਣਾ ਚਿਤਵਦਾ ਰਹਿੰਦਾ ਹੈ (ਵਰਖਾ ਚਾਹੁੰਦਾ ਹੈ), ਤਿਵੇਂ, ਹੇ ਕਿਰਪਾ ਦੇ ਸਮੁੰਦਰ! ਹੇ ਪ੍ਰਭੂ! (ਮੈਂ ਚਿਤਵਦਾ ਰਹਿੰਦਾ ਹਾਂ ਕਿ ਮੇਰੇ ਉੱਤੇ) ਤਰਸ ਕਰੋ, ਮੈਨੂੰ ਆਪਣੀ ਪਿਆਰ-ਭਰੀ ਭਗਤੀ ਦੀ ਲਗਨ ਬਖ਼ਸ਼ੋ ।੧।ਰਹਾਉ।

ਹੇ ਭਾਈ! ਚਕਵੀ (ਹੋਰ) ਅਨੇਕਾਂ ਸੁਖ (ਭੀ) ਨਹੀਂ ਮੰਗਦੀ, ਸੂਰਜ ਨੂੰ ਵੇਖ ਕੇ ਉਸ ਦੇ ਅੰਦਰ ਪੂਰਨ ਆਨੰਦ ਪੈਦਾ ਹੋ ਜਾਂਦਾ ਹੈ । (ਪਾਣੀ ਤੋਂ ਬਿਨਾ) ਹੋਰ ਹੋਰ ਅਨੇਕਾਂ ਉਪਾਵਾਂ ਨਾਲ ਭੀ ਮੱਛੀ ਜੀਊਂਦੀ ਨਹੀਂ ਰਹਿ ਸਕਦੀ, ਪਾਣੀ ਤੋਂ ਬਿਨਾ ਉਸ ਦੀ ਮੌਤ ਹੋ ਜਾਂਦੀ ਹੈ ।੧।

ਹੇ ਨਾਥ! (ਤੈਥੋਂ ਬਿਨਾ) ਅਸੀ ਨਿਆਸਰੇ ਸਾਂ । ਆਪਣੀ ਮੇਹਰ ਕਰ, ਤੇ, ਸਾਨੂੰ ਆਪਣੀ ਸਰਨ ਵਿਚ ਰੱਖ । (ਤੇਰਾ ਦਾਸ) ਨਾਨਕ ਤੇਰੇ ਸੋਹਣੇ ਚਰਨਾਂ ਦੀ ਆਰਾਧਨਾ ਕਰਦਾ ਰਹੇ, ਸਿਮਰਨ ਤੋਂ ਬਿਨਾ (ਨਾਨਕ ਨੂੰ) ਹੋਰ ਕੁਝ ਭੀ ਚੰਗਾ ਨਹੀਂ ਲੱਗਦਾ ।੨।੬।੧੦।

ਜੈਤਸਰੀ ਮਹਲਾ ੫ ॥ ਮਨਿ ਤਨਿ ਬਸਿ ਰਹੇ ਮੇਰੇ ਪ੍ਰਾਨ ॥ ਕਰਿ ਕਿਰਪਾ ਸਾਧੂ ਸੰਗਿ ਭੇਟੇ ਪੂਰਨ ਪੁਰਖ ਸੁਜਾਨ ॥੧॥ ਰਹਾਉ ॥ ਪ੍ਰੇਮ ਠਗਉਰੀ ਜਿਨ ਕਉ ਪਾਈ ਤਿਨ ਰਸੁ ਪੀਅਉ ਭਾਰੀ ॥ ਤਾ ਕੀ ਕੀਮਤਿ ਕਹਣੁ ਨ ਜਾਈ ਕੁਦਰਤਿ ਕਵਨ ਹਮ੍ਹਾਰੀ ॥੧॥ ਲਾਇ ਲਏ ਲੜਿ ਦਾਸ ਜਨ ਅਪੁਨੇ ਉਧਰੇ ਉਧਰਨਹਾਰੇ ॥ ਪ੍ਰਭੁ ਸਿਮਰਿ ਸਿਮਰਿ ਸਿਮਰਿ ਸੁਖੁ ਪਾਇਓ ਨਾਨਕ ਸਰਣਿ ਦੁਆਰੇ ॥੨॥੭॥੧੧॥ {ਪੰਨਾ 702}

ਪਦ ਅਰਥ :—ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਮੇਰੇ ਪ੍ਰਾਨ—ਮੇਰੇ ਪ੍ਰਾਣਾਂ ਦਾ ਆਸਰਾ ਪ੍ਰਭੂ । ਕਰਿ—ਕਰ ਕੇ । ਸਾਧੂ—ਗੁਰੂ । ਸੰਗਿ—ਸੰਗਤਿ ਵਿਚ । ਭੇਟੇ—ਮਿਲ ਪਏ । ਪੂਰਨ—ਸਰਬ-ਗੁਣ-ਭਰਪੂਰ । ਪੁਰਖ—ਸਰਬ-ਵਿਆਪਕ ।੧।ਰਹਾਉ।

ਠਗਉਰੀ—ਠਗ-ਮੂਰੀ, ਠਗ-ਬੂਟੀ, ਉਹ ਬੂਟੀ ਜੇਹੜੀ ਖਵਾ ਕੇ ਠੱਗ ਓਭੜ ਰਾਹੀਆਂ ਨੂੰ ਲੁੱਟ ਲੈਂਦੇ ਹਨ । ਕਉ—ਨੂੰ । ਪੀਅਉ—ਪੀ ਲਿਆ । ਤਾ ਕੀ—ਉਸ (ਰਸ) ਦੀ । ਕੁਦਰਤਿ—ਤਾਕਤ ।੧।

ਲੜਿ—ਲੜ ਨਾਲ, ਪੱਲੇ ਨਾਲ । ਉਧਰੇ—ਬਚਾ ਲਏ । ਉਧਰਨਹਾਰੇ—ਬਚਾਣ ਦੀ ਸਮਰਥਾ ਵਾਲੇ ਹਰੀ ਨੇ । ਸਿਮਰਿ—ਸਿਮਰ ਕੇ । ਦੁਆਰੇ—ਦਰ ਤੇ ।

ਅਰਥ :—ਹੇ ਭਾਈ! ਮੇਰੇ ਪ੍ਰਾਣਾਂ ਦੇ ਆਸਰੇ ਪ੍ਰਭੂ ਜੀ ਹੁਣ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਵੱਸ ਰਹੇ ਹਨ । ਉਹ ਸਰਬ-ਗੁਣ-ਭਰਪੂਰ, ਸਰਬ-ਵਿਆਪਕ, ਸਭ ਦੇ ਦਿਲਾਂ ਦੀ ਜਾਣਨ ਵਾਲੇ ਪ੍ਰਭੂ ਜੀ (ਆਪਣੀ) ਮੇਹਰ ਕਰ ਕੇ ਮੈਨੂੰ ਗੁਰੂ ਦੀ ਸੰਗਤਿ ਵਿਚ ਮਿਲ ਪਏ ।੧।ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ (ਗੁਰੂ ਪਾਸੋਂ ਪਰਮਾਤਮਾ ਦੇ) ਪਿਆਰ ਦੀ ਠੱਗ-ਬੂਟੀ ਲੱਭ ਪਈ, ਉਹਨਾਂ ਨਾਮ-ਜਲ ਰੱਜ ਰੱਜ ਕੇ ਪੀ ਲਿਆ । ਉਸ (ਨਾਮ-ਜਲ) ਦੀ ਕੀਮਤ ਦੱਸੀ ਨਹੀਂ ਜਾ ਸਕਦੀ । ਮੇਰੀ ਕੀਹ ਤਾਕਤ ਹੈ (ਕਿ ਮੈਂ ਉਸ ਨਾਮ-ਜਲ ਦਾ ਮੁੱਲ ਦੱਸ ਸਕਾਂ)? ।੧।

ਹੇ ਨਾਨਕ! ਪ੍ਰਭੂ ਨੇ (ਸਦਾ) ਆਪਣੇ ਦਾਸ ਆਪਣੇ ਸੇਵਕ ਆਪਣੇ ਲੜ ਲਾ ਕੇ ਰੱਖੇ ਹਨ, (ਤੇ, ਇਸ ਤਰ੍ਹਾਂ) ਉਸ ਬਚਾਣ ਦੀ ਸਮਰਥਾ ਵਾਲੇ ਪ੍ਰਭੂ ਨੇ (ਸੇਵਕਾਂ ਨੂੰ ਸੰਸਾਰ ਦੇ ਵਿਕਾਰਾਂ ਤੋਂ ਸਦਾ) ਬਚਾਇਆ ਹੈ । ਪ੍ਰਭੂ ਦੇ ਦਰ ਤੇ ਆ ਕੇ, ਪ੍ਰਭੂ ਦੀ ਸਰਨ ਪੈ ਕੇ, ਸੇਵਕਾਂ ਨੇ ਪ੍ਰਭੂ ਨੂੰ ਸਦਾ ਸਦਾ ਸਿਮਰ ਕੇ (ਸਦਾ) ਆਤਮਕ ਆਨੰਦ ਮਾਣਿਆ ਹੈ ।੨।੭।੧੧।

ਜੈਤਸਰੀ ਮਹਲਾ ੫ ॥ ਆਏ ਅਨਿਕ ਜਨਮ ਭ੍ਰਮਿ ਸਰਣੀ ॥ ਉਧਰੁ ਦੇਹ ਅੰਧ ਕੂਪ ਤੇ ਲਾਵਹੁ ਅਪੁਨੀ ਚਰਣੀ ॥੧॥ ਰਹਾਉ ॥ ਗਿਆਨੁ ਧਿਆਨੁ ਕਿਛੁ ਕਰਮੁ ਨ ਜਾਨਾ ਨਾਹਿਨ ਨਿਰਮਲ ਕਰਣੀ ॥ ਸਾਧ ਸੰਗਤਿ ਕੈ ਅੰਚਲਿ ਲਾਵਹੁ ਬਿਖਮ ਨਦੀ ਜਾਇ ਤਰਣੀ ॥੧॥ ਸੁਖ ਸੰਪਤਿ ਮਾਇਆ ਰਸ ਮੀਠੇ ਇਹ ਨਹੀ ਮਨ ਮਹਿ ਧਰਣੀ ॥ ਹਰਿ ਦਰਸਨ ਤ੍ਰਿਪਤਿ ਨਾਨਕ ਦਾਸ ਪਾਵਤ ਹਰਿ ਨਾਮ ਰੰਗ ਆਭਰਣੀ ॥੨॥੮॥੧੨॥ {ਪੰਨਾ 702}

ਪਦ ਅਰਥ :—ਭ੍ਰਮਿ—ਭਟਕ ਕੇ, ਭੌਂ ਕੇ । ਉਧਰੁ—ਬਚਾ ਲੈ । ਦੇਹ—ਸਰੀਰ, ਗਿਆਨ-ਇੰਦ੍ਰੇ । ਅੰਧ—ਅੰਨ੍ਹਾ, ਘੁੱਪ ਹਨੇਰਾ । ਕੂਪ—ਖੂਹ । ਤੇ—ਤੋਂ ।੧।ਰਹਾਉ।

ਗਿਆਨੁ—ਆਤਮਕ ਜੀਵਨ ਦੀ ਸੂਝ । ਧਿਆਨੁ—ਜੁੜੀ ਸੁਰਤਿ । ਕਰਮੁ—ਧਰਮ ਦਾ ਕੰਮ । ਨ ਜਾਨਾ—ਨ ਜਾਨਾਂ, ਮੈਂ ਨਹੀਂ ਜਾਣਦਾ । ਕਰਣੀ—ਕਰਤੱਬ, ਆਚਰਣ । ਕੈ ਅੰਚਲਿ—ਦੇ ਪੱਲੇ ਨਾਲ । ਬਿਖਮ—ਔਖੀ । ਜਾਇ ਤਰਣੀ—ਤਰੀ ਜਾ ਸਕੇ ।੧।

ਸੰਪਤਿ—ਧਨ । ਮਹਿ—ਵਿਚ । ਤ੍ਰਿਪਤਿ—ਰੱਜ, ਸੰਤੋਖ । ਆਭਰਣੀ—ਗਹਣੇ ।੨।

ਅਰਥ :—ਹੇ ਪ੍ਰਭੂ! ਅਸੀ ਜੀਵ ਕਈ ਜਨਮਾਂ ਵਿਚ ਭੌਂ ਕੇ ਹੁਣ ਤੇਰੀ ਸਰਨ ਆਏ ਹਾਂ। ਸਾਡੇ ਸਰੀਰ ਨੂੰ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਖੂਹ ਤੋਂ ਬਚਾ ਲੈ, ਆਪਣੇ ਚਰਨਾਂ ਵਿਚ ਜੋੜੀ ਰੱਖ ।੧।ਰਹਾਉ।

ਹੇ ਪ੍ਰਭੂ! ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ, ਮੇਰੀ ਸੁਰਤਿ ਤੇਰੇ ਚਰਨਾਂ ਵਿਚ ਜੁੜੀ ਨਹੀਂ ਰਹਿੰਦੀ, ਮੈਨੂੰ ਕੋਈ ਚੰਗਾ ਕੰਮ ਕਰਨਾ ਨਹੀਂ ਆਉਂਦਾ, ਮੇਰਾ ਕਰਤੱਬ ਭੀ ਸੁੱਚਾ ਨਹੀਂ ਹੈ। ਹੇ ਪ੍ਰਭੂ! ਮੈਨੂੰ ਸਾਧ ਸੰਗਤਿ ਦੇ ਲੜ ਲਾ ਦੇ, ਤਾ ਕਿ ਇਹ ਔਖੀ (ਸੰਸਾਰ-) ਨਦੀ ਤਰੀ ਜਾ ਸਕੇ ।੧।

ਹੇ ਨਾਨਕ! ਦੁਨੀਆ ਦੇ ਸੁਖ, ਧਨ, ਮਾਇਆ ਦੇ ਮਿੱਠੇ ਸੁਆਦ—ਪਰਮਾਤਮਾ ਦੇ ਦਾਸ ਇਹਨਾਂ ਪਦਾਰਥਾਂ ਨੂੰ (ਆਪਣੇ) ਮਨ ਵਿਚ ਨਹੀਂ ਵਸਾਂਦੇ। ਪਰਮਾਤਮਾ ਦੇ ਦਰਸਨ ਨਾਲ ਉਹ ਸੰਤੋਖ ਹਾਸਲ ਕਰਦੇ ਹਨ, ਪਰਮਾਤਮਾ ਦੇ ਨਾਮ ਦਾ ਪਿਆਰ ਹੀ ਉਹਨਾਂ (ਦੇ ਜੀਵਨ) ਦਾ ਗਹਣਾ ਹੈ ।੨।੮।੧੨।

ਜੈਤਸਰੀ ਮਹਲਾ ੫ ॥ ਹਰਿ ਜਨ ਸਿਮਰਹੁ ਹਿਰਦੈ ਰਾਮ ॥ ਹਰਿ ਜਨ ਕਉ ਅਪਦਾ ਨਿਕਟਿ ਨ ਆਵੈ ਪੂਰਨ ਦਾਸ ਕੇ ਕਾਮ ॥੧॥ ਰਹਾਉ ॥ ਕੋਟਿ ਬਿਘਨ ਬਿਨਸਹਿ ਹਰਿ ਸੇਵਾ ਨਿਹਚਲੁ ਗੋਵਿਦ ਧਾਮ ॥ ਭਗਵੰਤ ਭਗਤ ਕਉ ਭਉ ਕਿਛੁ ਨਾਹੀ ਆਦਰੁ ਦੇਵਤ ਜਾਮ ॥੧॥ ਤਜਿ ਗੋਪਾਲ ਆਨ ਜੋ ਕਰਣੀ ਸੋਈ ਸੋਈ ਬਿਨਸਤ ਖਾਮ ॥ ਚਰਨ ਕਮਲ ਹਿਰਦੈ ਗਹੁ ਨਾਨਕ ਸੁਖ ਸਮੂਹ ਬਿਸਰਾਮ ॥੨॥੯॥੧੩॥ {ਪੰਨਾ ੭੦੨}

ਪਦ ਅਰਥ :—ਹਰਿ ਜਨ—ਹੇ ਹਰਿ ਜਨੋ! ਹਿਰਦੈ—ਹਿਰਦੇ ਵਿਚ। ਅਪਦਾ—ਬਿਪਤਾ, ਮੁਸੀਬਤ। ਨਿਕਟਿ—ਨੇੜੇ। ਪੂਰਨ—ਸਫਲ ।੧।ਰਹਾਉ।

ਕੋਟਿ—ਕ੍ਰੋੜਾਂ। ਬਿਘਨ—ਔਕੜਾਂ, ਰੁਕਾਵਟਾਂ। ਬਿਨਸਹਿ—ਨਾਸ ਹੋ ਜਾਂਦੇ ਹਨ। ਨਿਹਚਲੁ—ਸਦਾ ਕਾਇਮ ਰਹਿਣ ਵਾਲਾ। ਧਾਮ—ਘਰ, ਟਿਕਾਣਾ। ਕਉ—ਨੂੰ। ਜਾਮ—ਜਮਰਾਜ ।੧।

ਤਜਿ—ਛੱਡ ਕੇ। ਆਨ—{ਅੰਯ} ਹੋਰ ਹੋਰ। ਖਾਮ—ਖ਼ਾਮ, ਕੱਚੀ। ਗਹੁ—ਫੜ ਰੱਖ। ਸੁਖ ਸਮੂਹ—ਸਾਰੇ ਹੀ ਸੁਖ। ਬਿਸਰਾਮ—ਟਿਕਾਣਾ ।੨।

ਅਰਥ :—ਹੇ ਪਰਮਾਤਮਾ ਦੇ ਪਿਆਰਿਓ! ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਿਮਰਿਆ ਕਰੋ। ਕੋਈ ਭੀ ਬਿਪਤਾ ਪ੍ਰਭੂ ਦੇ ਸੇਵਕਾਂ ਦੇ ਨੇੜੇ ਨਹੀਂ ਆਉਂਦੀ, ਸੇਵਕਾਂ ਦੇ ਸਾਰੇ ਕੰਮ ਸਿਰੇ ਚੜ੍ਹਦੇ ਰਹਿੰਦੇ ਹਨ ।੧।ਰਹਾਉ।

ਹੇ ਸੰਤ ਜਨੋ! ਪਰਮਾਤਮਾ ਦੀ ਭਗਤੀ (ਦੀ ਬਰਕਤਿ) ਨਾਲ (ਜ਼ਿੰਦਗੀ ਦੇ ਰਾਹ ਵਿਚੋਂ) ਕ੍ਰੋੜਾਂ ਔਕੜਾਂ ਨਾਸ ਹੋ ਜਾਂਦੀਆਂ ਹਨ, ਅਤੇ, ਪਰਮਾਤਮਾ ਦਾ ਸਦਾ ਅਟੱਲ ਰਹਿਣ ਵਾਲਾ ਘਰ (ਭੀ ਮਿਲ ਜਾਂਦਾ ਹੈ) ਭਗਵਾਨ ਦੇ ਭਗਤਾਂ ਨੂੰ ਕੋਈ ਭੀ ਡਰ ਪੋਹ ਨਹੀਂ ਸਕਦਾ, ਜਮਰਾਜ ਭੀ ਉਹਨਾਂ ਦਾ ਸਤਕਾਰ ਕਰਦਾ ਹੈ ।੧।

ਹੇ ਨਾਨਕ! ਪਰਮਾਤਮਾ (ਦਾ ਸਿਮਰਨ) ਭੁਲਾ ਕੇ ਹੋਰ ਜੇਹੜਾ ਭੀ ਕੰਮ ਕਰੀਦਾ ਹੈ ਉਹ ਨਾਸਵੰਤ ਹੈ ਅਤੇ ਕੱਚਾ ਹੈ (ਇਸ ਵਾਸਤੇ, ਹੇ ਨਾਨਕ!) ਪਰਮਾਤਮਾ ਦੇ ਸੋਹਣੇ ਚਰਨ (ਆਪਣੇ) ਹਿਰਦੇ ਵਿਚ ਵਸਾਈ ਰੱਖ, (ਇਹ ਹਰਿ-ਚਰਨ ਹੀ) ਸਾਰੇ ਸੁਖਾਂ ਦਾ ਘਰ ਹਨ ।੨।੯।੧੩।

ਜੈਤਸਰੀ ਮਹਲਾ ੯
ੴ ਸਤਿਗੁਰ ਪ੍ਰਸਾਦਿ ॥ ਭੂਲਿਓ ਮਨੁ ਮਾਇਆ ਉਰਝਾਇਓ ॥ ਜੋ ਜੋ ਕਰਮ ਕੀਓ ਲਾਲਚ ਲਗਿ ਤਿਹ ਤਿਹ ਆਪੁ ਬੰਧਾਇਓ ॥੧॥ ਰਹਾਉ ॥ ਸਮਝ ਨ ਪਰੀ ਬਿਖੈ ਰਸ ਰਚਿਓ ਜਸੁ ਹਰਿ ਕੋ ਬਿਸਰਾਇਓ ॥ ਸੰਗਿ ਸੁਆਮੀ ਸੋ ਜਾਨਿਓ ਨਾਹਿਨ ਬਨੁ ਖੋਜਨ ਕਉ ਧਾਇਓ ॥੧॥ ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ ॥ ਜਨ ਨਾਨਕ ਭਗਵੰਤ ਭਜਨ ਬਿਨੁ ਬਿਰਥਾ ਜਨਮੁ ਗਵਾਇਓ ॥੨॥੧॥ {ਪੰਨਾ ੭੦੨}

ਪਦ ਅਰਥ :—ਭੂਲਿਓ—(ਸਹੀ ਜੀਵਨ-ਰਸਤਾ) ਭੁੱਲ ਚੁਕਾ ਹੈ। ਉਰਝਾਇਓ—ਫਸ ਰਿਹਾ ਹੈ। ਲਾਲਚ—ਲਾਲਚ ਵਿਚ। ਲਗਿ—ਲੱਗ ਕੇ। ਆਪੁ—ਆਪਣੇ ਆਪ ਨੂੰ। ਬੰਧਾਇਓ—ਬਨ੍ਹਾ ਰਿਹਾ ਹੈ, ਫਸਾ ਰਿਹਾ ਹੈ ।੧।ਰਹਾਉ।

ਬਿਖੈ ਰਸ—ਵਿਸ਼ਿਆਂ ਦੇ ਸੁਆਦ ਵਿਚ। ਜਸੁ—ਸਿਫ਼ਤਿ-ਸਾਲਾਹ। ਕੋ—ਦਾ। ਸੰਗਿ—ਨਾਲ। ਬਨੁ—ਜੰਗਲ। ਧਾਇਓ—ਦੌੜਦਾ ਹੈ ।੧।

ਭੀਤਰਿ—ਅੰਦਰ। ਤਾ ਕੋ—ਉਸ ਦਾ। ਗਿਆਨੁ—ਸਮਝ। ਬਿਰਥਾ—ਵਿਅਰਥ ।੨।

ਅਰਥ :—ਹੇ ਭਾਈ! (ਸਹੀ ਜੀਵਨ-ਰਾਹ) ਭੁੱਲਿਆ ਹੋਇਆ ਮਨ ਮਾਇਆ (ਦੇ ਮੋਹ ਵਿਚ) ਫਸਿਆ ਰਹਿੰਦਾ ਹੈ, (ਫਿਰ, ਇਹ) ਲਾਲਚ ਵਿਚ ਫਸ ਕੇ ਜੇਹੜਾ ਜੇਹੜਾ ਕੰਮ ਕਰਦਾ ਹੈ, ਉਹਨਾਂ ਦੀ ਰਾਹੀਂ ਆਪਣੇ ਆਪ ਨੂੰ (ਮਾਇਆ ਦੇ ਮੋਹ ਵਿਚ ਹੋਰ) ਫਸਾ ਲੈਂਦਾ ਹੈ ।੧।ਰਹਾਉ।

(ਹੇ ਭਾਈ! ਸਹੀ ਜੀਵਨ-ਰਾਹ ਤੋਂ ਖੁੰਝੇ ਹੋਏ ਮਨੁੱਖ ਨੂੰ) ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ, ਵਿਸ਼ਿਆਂ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਭੁਲਾਈ ਰੱਖਦਾ ਹੈ। ਪਰਮਾਤਮਾ (ਤਾਂ ਇਸ ਦੇ) ਅੰਗ-ਸੰਗ (ਵੱਸਦਾ ਹੈ) ਉਸ ਨਾਲ ਡੂੰਘੀ ਸਾਂਝ ਨਹੀਂ ਪਾਂਦਾ, ਜੰਗਲ ਭਾਲਣ ਵਾਸਤੇ ਦੌੜ ਪੈਂਦਾ ਹੈ ।੧।

ਹੇ ਭਾਈ! ਰਤਨ (ਵਰਗਾ ਕੀਮਤੀ) ਹਰਿ-ਨਾਮ ਹਿਰਦੇ ਦੇ ਅੰਦਰ ਹੀ ਵੱਸਦਾ ਹੈ (ਪਰ ਭੁੱਲਾ ਹੋਇਆ ਮਨੁੱਖ) ਉਸ ਨਾਲ ਸਾਂਝ ਨਹੀਂ ਬਣਾਂਦਾ। ਹੇ ਦਾਸ ਨਾਨਕ! (ਆਖ—) ਪਰਮਾਤਮਾ ਦੇ ਭਜਨ ਤੋਂ ਬਿਨਾ ਮਨੁੱਖ ਆਪਣਾ ਜੀਵਨ ਵਿਅਰਥ ਗਵਾ ਦੇਂਦਾ ਹੈ ।੨।੧।

ਜੈਤਸਰੀ ਮਹਲਾ ੯ ॥ ਹਰਿ ਜੂ ਰਾਖਿ ਲੇਹੁ ਪਤਿ ਮੇਰੀ ॥ ਜਮ ਕੋ ਤ੍ਰਾਸ ਭਇਓ ਉਰ ਅੰਤਰਿ ਸਰਨਿ ਗਹੀ ਕਿਰਪਾ ਨਿਧਿ ਤੇਰੀ ॥੧॥ ਰਹਾਉ ॥ ਮਹਾ ਪਤਿਤ ਮੁਗਧ ਲੋਭੀ ਫੁਨਿ ਕਰਤ ਪਾਪ ਅਬ ਹਾਰਾ ॥ ਭੈ ਮਰਬੇ ਕੋ ਬਿਸਰਤ ਨਾਹਿਨ ਤਿਹ ਚਿੰਤਾ ਤਨੁ ਜਾਰਾ ॥੧॥ ਕੀਏ ਉਪਾਵ ਮੁਕਤਿ ਕੇ ਕਾਰਨਿ

ਦਹਦਿਸਿ ਕਉ ਉਠਿ ਧਾਇਆ ॥ ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ ॥੨॥ ਨਾਹਿਨ ਗੁਨੁ ਨਾਹਿਨ ਕਛੁ ਜਪੁ ਤਪੁ ਕਉਨੁ ਕਰਮੁ ਅਬ ਕੀਜੈ ॥ ਨਾਨਕ ਹਾਰਿ ਪਰਿਓ ਸਰਨਾਗਤਿ ਅਭੈ ਦਾਨੁ ਪ੍ਰਭ ਦੀਜੈ ॥੩॥੨॥ {ਪੰਨਾ ੭੦੩}

ਪਦ ਅਰਥ :—ਹਰਿ ਜੂ—ਹੇ ਪ੍ਰਭੂ ਜੀ! ਪਤਿ—ਇੱਜ਼ਤ । ਜਮ ਕੋ ਤ੍ਰਾਸ—ਮੌਤ ਦਾ ਡਰ । ਉਰ—{ਉਰਸ} ਹਿਰਦਾ । ਗਹੀ—ਫੜੀ । ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ।੧।ਰਹਾਉ।

ਪਤਿਤ—ਵਿਕਾਰਾਂ ਵਿਚ ਡਿੱਗਾ ਹੋਇਆ, ਪਾਪੀ । ਮੁਗਧ—ਮੂਰਖ । ਫੁਨਿ—ਅਤੇ {ਪੁਨ :}, ਫਿਰ, ਭੀ । ਹਾਰਾ—ਥੱਕ ਗਿਆ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ਡਰ । ਕੋ—ਦਾ । ਤਿਹ—ਉਸ ਦੀ । ਜਾਰਾ—ਸਾੜ ਦਿੱਤਾ ਹੈ ।੧।

ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ਹੀਲੇ । ਮੁਕਤਿ—(ਡਰ ਤੋਂ) ਖ਼ਲਾਸੀ । ਕੇ ਕਾਰਨਿ—ਦੇ ਵਾਸਤੇ । ਦਹ ਦਿਸਿ—ਦਸੀਂ ਪਾਸੀਂ । ਉਠਿ—ਉੱਠ ਕੇ । ਨਿਰੰਜਨੁ—{ਨਿਰ-ਅੰਜਨੁ} ਮਾਇਆ ਦੀ ਕਾਲਖ ਤੋਂ ਰਹਿਤ । ਤਾ ਕੋ—ਉਸ ਦਾ । ਮਰਮੁ—ਭੇਦ ।੨।

ਅਬ—ਹੁਣ । ਕੀਜੈ—ਕੀਤਾ ਜਾਏ । ਸਰਨਾਗਤਿ—ਸਰਨ ਆਇਆ ਹਾਂ । ਅਭੈ ਦਾਨੁ—ਮੌਤ ਦੇ ਡਰ ਤੋਂ ਖ਼ਲਾਸੀ ਦਾ ਦਾਨ । ਪ੍ਰਭ—ਹੇ ਪ੍ਰਭੂ! ਦੀਜੈ—ਦੇਹ ।੩।

ਅਰਥ :—ਹੇ ਪ੍ਰਭੂ ਜੀ! ਮੇਰੀ ਇੱਜ਼ਤ ਰੱਖ ਲਵੋ । ਮੇਰੇ ਹਿਰਦੇ ਵਿਚ ਮੌਤ ਦਾ ਡਰ ਵੱਸ ਰਿਹਾ ਹੈ, (ਇਸ ਤੋਂ ਬਚਣ ਲਈ) ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਂ ਤੇਰਾ ਆਸਰਾ ਲਿਆ ਹੈ ।੧।ਰਹਾਉ।

ਹੇ ਪ੍ਰਭੂ! ਮੈਂ ਵੱਡਾ ਵਿਕਾਰੀ ਹਾਂ, ਮੂਰਖ ਹਾਂ, ਲਾਲਚੀ ਭੀ ਹਾਂ, ਪਾਪ ਕਰਦਾ ਕਰਦਾ ਹੁਣ ਮੈਂ ਥੱਕ ਗਿਆ ਹਾਂ । ਮੈਨੂੰ ਮਰਨ ਦਾ ਡਰ (ਕਿਸੇ ਵੇਲੇ) ਭੁੱਲਦਾ ਨਹੀਂ, ਇਸ (ਮਰਨ) ਦੀ ਚਿੰਤਾ ਨੇ ਮੇਰਾ ਸਰੀਰ ਸਾੜ ਦਿੱਤਾ ਹੈ ।੧।

ਹੇ ਭਾਈ! (ਮੌਤ ਦੇ ਇਸ ਸਹਿਮ ਤੋਂ) ਖ਼ਲਾਸੀ ਹਾਸਲ ਕਰਨ ਲਈ ਮੈਂ ਅਨੇਕਾਂ ਹੀਲੇ ਕੀਤੇ ਹਨ, ਦਸੀਂ ਪਾਸੀਂ ਉਠ ਉਠ ਕੇ ਦੌੜਿਆ ਹਾਂ । (ਮਾਇਆ ਦੇ ਮੋਹ ਤੋਂ) ਨਿਰਲੇਪ ਪਰਮਾਤਮਾ ਹਿਰਦੇ ਵਿਚ ਹੀ ਵੱਸਦਾ ਹੈ, ਉਸ ਦਾ ਭੇਤ ਮੈਂ ਨਹੀਂ ਸਮਝਿਆ ।੨।

ਹੇ ਨਾਨਕ! (ਆਖ—ਪਰਮਾਤਮਾ ਦੀ ਸਰਨ ਤੋਂ ਬਿਨਾ ਹੋਰ) ਕੋਈ ਗੁਣ ਨਹੀਂ ਕੋਈ ਜਪ ਤਪ ਨਹੀਂ (ਜੋ ਮੌਤ ਦੇ ਸਹਿਮ ਤੋਂ ਬਚਾ ਲਏ, ਫਿਰ) ਹੁਣ ਕੇਹੜਾ ਕੰਮ ਕੀਤਾ ਜਾਏ? ਹੇ ਪ੍ਰਭੂ! (ਹੋਰ ਸਾਧਨਾਂ ਵਲੋਂ) ਹਾਰ ਕੇ ਮੈਂ ਤੇਰੀ ਸਰਨ ਆ ਪਿਆ ਹਾਂ, ਤੂੰ ਮੈਨੂੰ ਮੌਤ ਦੇ ਡਰ ਤੋਂ ਖ਼ਲਾਸੀ ਦਾ ਦਾਨ ਦੇਹ ।੩।੨।

ਜੈਤਸਰੀ ਮਹਲਾ ੯ ॥ ਮਨ ਰੇ ਸਾਚਾ ਗਹੋ ਬਿਚਾਰਾ ॥ ਰਾਮ ਨਾਮ ਬਿਨੁ ਮਿਥਿਆ ਮਾਨੋ ਸਗਰੋ ਇਹੁ ਸੰਸਾਰਾ ॥੧॥ ਰਹਾਉ ॥ ਜਾ ਕਉ ਜੋਗੀ ਖੋਜਤ ਹਾਰੇ ਪਾਇਓ ਨਾਹਿ ਤਿਹ ਪਾਰਾ ॥ ਸੋ ਸੁਆਮੀ ਤੁਮ ਨਿਕਟਿ ਪਛਾਨੋ ਰੂਪ ਰੇਖ ਤੇ ਨਿਆਰਾ ॥੧॥ ਪਾਵਨ ਨਾਮੁ ਜਗਤ ਮੈ ਹਰਿ ਕੋ ਕਬਹੂ ਨਾਹਿ ਸੰਭਾਰਾ ॥ ਨਾਨਕ ਸਰਨਿ ਪਰਿਓ ਜਗ ਬੰਦਨ ਰਾਖਹੁ ਬਿਰਦੁ ਤੁਹਾਰਾ ॥੨॥੩॥ {ਪੰਨਾ ੭੦੩}

ਪਦ ਅਰਥ :—ਰੇ—ਹੇ! ਸਾਚਾ—ਅਟੱਲ, ਸਦਾ ਕਾਇਮ ਰਹਿਣ ਵਾਲਾ । ਗਹੋ—ਗਹੁ, ਫੜ, ਹਿਰਦੇ ਵਿਚ ਸੰਭਾਲ । ਮਿਥਿਆ—ਨਾਸਵੰਤ । ਮਾਨੋ—ਮਾਨਹੁ, ਜਾਣੋ । ਸਗਰੋ—ਸਾਰਾ ।੧।ਰਹਾਉ।

ਜਾ ਕਉ—ਜਿਸ (ਪ੍ਰਭੂ) ਨੂੰ । ਤਿਹ ਪਾਰਾ—ਉਸ (ਦੇ ਸਰੂਪ) ਦਾ ਅੰਤ । ਨਿਕਟਿ—ਨੇੜੇ । ਰੇਖ—ਚਿਹਨ । ਤੇ—ਤੋਂ । ਨਿਆਰਾ—ਵੱਖਰਾ ।੧।

ਪਾਵਨ—ਪਵਿਤ੍ਰ ਕਰਨ ਵਾਲਾ । ਮਹਿ—ਵਿਚ । ਕੋ—ਦਾ । ਕਬ ਹੂ—ਕਦੇ ਭੀ । ਸੰਭਾਰਾ—(ਹਿਰਦੇ ਵਿਚ) ਸਾਂਭਿਆ । ਜਗ ਬੰਦਨ—ਹੇ ਜਗ-ਬੰਦਨ! ਜਗਤ ਦੇ ਨਮਸਕਾਰ-ਜੋਗ! ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਤੁਹਾਰਾ—ਤੇਰਾ ।੨।

ਅਰਥ :—ਹੇ ਮੇਰੇ ਮਨ! ਇਹ ਅਟੱਲ ਵਿਚਾਰ (ਆਪਣੇ ਅੰਦਰ) ਸਾਂਭ ਕੇ ਰੱਖ—ਪਰਮਾਤਮਾ ਦੇ ਨਾਮ ਤੋਂ ਛੁਟ ਬਾਕੀ ਇਸ ਸਾਰੇ ਸੰਸਾਰ ਨੂੰ ਨਾਸਵੰਤ ਜਾਣ ।੧।ਰਹਾਉ।

ਹੇ ਮੇਰੇ ਮਨ! ਜੋਗੀ ਲੋਕ ਜਿਸ ਪਰਮਾਤਮਾ ਨੂੰ ਲੱਭਦੇ ਲੱਭਦੇ ਥੱਕ ਗਏ, ਤੇ, ਉਸ ਦੇ ਸਰੂਪ ਦਾ ਅੰਤ ਨਾਹ ਲੱਭ ਸਕੇ, ਉਸ ਮਾਲਕ ਨੂੰ ਤੂੰ ਆਪਣੇ ਅੰਗ-ਸੰਗ ਵੱਸਦਾ ਜਾਣ, ਪਰ ਉਸ ਦਾ ਕੋਈ ਰੂਪ ਉਸ ਦਾ ਕੋਈ ਚਿਹਨ ਦੱਸਿਆ ਨਹੀਂ ਜਾ ਸਕਦਾ ।੧।

ਹੇ ਮੇਰੇ ਮਨ! ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਪਵਿਤ੍ਰ ਕਰਨ ਵਾਲਾ ਹੈ, ਤੂੰ ਉਸ ਨਾਮ ਨੂੰ (ਆਪਣੇ ਅੰਦਰ) ਕਦੇ ਸਾਂਭ ਕੇ ਨਹੀਂ ਰੱਖਿਆ । ਹੇ ਨਾਨਕ! (ਆਖ—) ਹੇ ਸਾਰੇ ਜਗਤ ਦੇ ਨਮਸਕਾਰ-ਜੋਗ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਰੱਖਿਆ ਕਰ । ਇਹ ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ (ਕਿ ਤੂੰ ਸਰਨ ਆਏ ਦੀ ਰੱਖਿਆ ਕਰਦਾ ਹੈਂ) ।੨।੩।

ਜੈਤਸਰੀ ਮਹਲਾ ੫ ਛੰਤ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਸਲੋਕ ॥ ਦਰਸਨ ਪਿਆਸੀ ਦਿਨਸੁ ਰਾਤਿ ਚਿਤਵਉ ਅਨਦਿਨੁ ਨੀਤ ॥ ਖੋਲ੍ਹਿ ਕਪਟ ਗੁਰਿ ਮੇਲੀਆ ਨਾਨਕ ਹਰਿ ਸੰਗਿ ਮੀਤ ॥੧॥ ਛੰਤ ॥ ਸੁਣਿ ਯਾਰ ਹਮਾਰੇ ਸਜਣ ਇਕ ਕਰਉ ਬੇਨੰਤੀਆ ॥ ਤਿਸੁ ਮੋਹਨ ਲਾਲ ਪਿਆਰੇ ਹਉ ਫਿਰਉ ਖੋਜੰਤੀਆ ॥ ਤਿਸੁ ਦਸਿ ਪਿਆਰੇ ਸਿਰੁ ਧਰੀ ਉਤਾਰੇ ਇਕ ਭੋਰੀ ਦਰਸਨੁ ਦੀਜੈ ॥ ਨੈਨ ਹਮਾਰੇ ਪ੍ਰਿਅ ਰੰਗ ਰੰਗਾਰੇ ਇਕੁ ਤਿਲੁ ਭੀ ਨਾ ਧੀਰੀਜੈ ॥ ਪ੍ਰਭ ਸਿਉ ਮਨੁ ਲੀਨਾ ਜਿਉ ਜਲ ਮੀਨਾ ਚਾਤ੍ਰਿਕ ਜਿਵੈ ਤਿਸੰਤੀਆ ॥ ਜਨ ਨਾਨਕ ਗੁਰੁ ਪੂਰਾ ਪਾਇਆ ਸਗਲੀ ਤਿਖਾ ਬੁਝੰਤੀਆ ॥੧॥ {ਪੰਨਾ ੭੦੩}

ਪਦ ਅਰਥ :—ਪਿਆਸੀ—ਤਿਹਾਈ, ਚਾਹਵਾਨ । ਚਿਤਵਉ—ਚਿਤਵਉਂ, ਮੈਂ ਚਿਤਾਰਦੀ ਹਾਂ । ਅਨਦਿਨੁ—ਹਰ ਰੋਜ਼ {ਅਨੁਦਿਨਾਜ਼} ਹਰ ਵੇਲੇ । ਨੀਤ—ਨਿੱਤ, ਸਦਾ । ਖੋਲ੍ਹਿ—ਖੋਹਲ ਕੇ । ਕਪਟ—ਕਪਾਟ, ਕਿਵਾੜ । ਖੋਲ੍ਹਿ ਕਪਟ—ਮੇਰੇ ਮਨ ਦੇ ਕਿਵਾੜ ਖੋਹਲ ਕੇ, ਮੇਰੇ ਮਾਇਆ ਦੇ ਛੌੜ ਕੱਟ ਕੇ । ਗੁਰਿ—

ਗੁਰੂ ਨੇ । ਮੇਲੀਆ—ਮਿਲਾ ਦਿੱਤਾ । ਸੰਗਿ—ਨਾਲ ।੧।

ਛੰਤ । ਯਾਰ—ਹੇ ਯਾਰ! ਸਜਣ—ਹੇ ਸੱਜਣ! ਕਰਉ—ਕਰਉਂ, ਮੈਂ ਕਰਦੀ ਹਾਂ । ਹਉ ਫਿਰਉ—ਹਉ ਫਿਰਉਂ, ਮੈਂ ਫਿਰਦੀ ਹਾਂ । ਤਿਸੁ ਦਸਿ—ਉਸ ਦੀ ਦੱਸ ਪਾ । ਧਰੀ—ਧਰੀਂ, ਮੈਂ ਧਰਾਂ । ਉਤਾਰੇ—ਉਤਾਰਿ, ਲਾਹ ਕੇ । ਇਕ ਭੋਰੀ—ਰਤਾ ਭਰ ਹੀ । ਦੀਜੈ—ਦੇਹ । ਨੈਨ—ਅੱਖਾਂ । ਪ੍ਰਿਅ ਰੰਗ—ਪਿਆਰੇ ਦੇ ਪ੍ਰੇਮ-ਰੰਗ । ਨਾ ਧੀਰੀਜੈ—ਧੀਰਜ ਨਹੀਂ ਕਰਦਾ । ਸਿਉ—ਨਾਲ । ਲੀਨਾ—ਮਸਤ । ਜਲ ਮੀਨਾ—ਪਾਣੀ ਦੀ ਮੱਛੀ । ਚਾਤ੍ਰਿਕ—ਪਪੀਹਾ । ਤਿਸੰਤੀਆ—ਤਿਹਾਇਆ । ਤਿਖਾ—ਤ੍ਰੇਹ, ਪਿਆਸ ।੧।

ਅਰਥ :—ਮੈਨੂੰ ਮਿੱਤਰ ਪ੍ਰਭੂ ਦੇ ਦਰਸਨ ਦੀ ਤਾਂਘ ਲੱਗੀ ਹੋਈ ਹੈ, ਮੈਂ ਦਿਨ ਰਾਤ ਹਰ ਵੇਲੇ ਸਦਾ ਹੀ, (ਉਸ ਦਾ ਦਰਸਨ ਹੀ) ਚਿਤਾਰਦੀ ਰਹਿੰਦੀ ਹਾਂ । ਹੇ ਨਾਨਕ! (ਆਖ—) ਗੁਰੂ ਨੇ (ਮੇਰੇ) ਮਾਇਆ ਦੇ ਮੋਹ ਦੇ ਛੌੜ ਕੱਟ ਕੇ ਮੈਨੂੰ ਮਿੱਤਰ ਹਰੀ ਨਾਲ ਮਿਲਾ ਦਿੱਤਾ ਹੈ ।੧।

ਛੰਤ! ਹੇ ਮੇਰੇ ਸਤਸੰਗੀ ਮਿੱਤਰ! ਹੇ ਮੇਰੇ ਸੱਜਣ! ਮੈਂ (ਤੇਰੇ ਅੱਗੇ) ਇਕ ਅਰਜ਼ੋਈ ਕਰਦੀ ਹਾਂ! ਮੈਂ ਉਸ ਮਨ ਨੂੰ ਮੋਹ ਲੈਣ ਵਾਲੇ ਪਿਆਰੇ ਲਾਲ ਨੂੰ ਲੱਭਦੀ ਫਿਰਦੀ ਹਾਂ । (ਹੇ ਮਿੱਤਰ!) ਮੈਨੂੰ ਉਸ ਪਿਆਰੇ ਦੀ ਦੱਸ ਪਾ, ਮੈਂ (ਉਸ ਦੇ ਅੱਗੇ ਆਪਣਾ) ਸਿਰ ਲਾਹ ਕੇ ਰੱਖ ਦਿਆਂਗੀ (ਤੇ ਆਖਾਂਗੀ—ਹੇ ਪਿਆਰੇ!) ਰਤਾ ਭਰ ਸਮੇ ਲਈ ਹੀ ਮੈਨੂੰ ਦਰਸਨ ਦੇਹ (ਹੇ ਗੁਰੂ!) ਮੇਰੀਆਂ ਅੱਖਾਂ ਪਿਆਰੇ ਦੇ ਪ੍ਰੇਮ-ਰੰਗ ਨਾਲ ਰੰਗੀਆਂ ਗਈਆਂ ਹਨ, (ਉਸ ਦੇ ਦਰਸਨ ਤੋਂ ਬਿਨਾ ਮੈਨੂੰ) ਰਤਾ ਜਿਤਨੇ ਸਮੇ ਲਈ ਭੀ ਚੈਨ ਨਹੀਂ ਆਉਂਦਾ । ਮੇਰਾ ਮਨ ਪ੍ਰਭੂ ਨਾਲ ਮਸਤ ਹੈ ਜਿਵੇਂ ਪਾਣੀ ਦੀ ਮੱਛੀ (ਪਾਣੀ ਵਿਚ ਮਸਤ ਰਹਿੰਦੀ ਹੈ), ਜਿਵੇਂ ਪਪੀਹੇ ਨੂੰ (ਵਰਖਾ ਦੀ ਬੂੰਦ ਦੀ) ਪਿਆਸ ਲੱਗੀ ਰਹਿੰਦੀ ਹੈ ।

ਹੇ ਦਾਸ ਨਾਨਕ! (ਆਖ—ਜਿਸ ਵਡ-ਭਾਗੀ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ (ਉਸ ਦੀ ਦਰਸਨ ਦੀ) ਸਾਰੀ ਤ੍ਰੇਹ ਬੁੱਝ ਜਾਂਦੀ ਹੈ ।੧।

ਯਾਰ ਵੇ ਪ੍ਰਿਅ ਹਭੇ ਸਖੀਆ ਮੂ ਕਹੀ ਨ ਜੇਹੀਆ ॥ ਯਾਰ ਵੇ ਹਿਕ ਡੂੰ ਹਿਕ ਚਾੜੈ ਹਉ ਕਿਸੁ ਚਿਤੇਹੀਆ ॥ ਹਿਕ ਡੂੰ ਹਿਕਿ ਚਾੜੇ ਅਨਿਕ ਪਿਆਰੇ ਨਿਤ ਕਰਦੇ ਭੋਗ ਬਿਲਾਸਾ ॥ ਤਿਨਾ ਦੇਖਿ ਮਨਿ ਚਾਉ ਉਠੰਦਾ ਹਉ ਕਦਿ ਪਾਈ ਗੁਣਤਾਸਾ ॥ ਜਿਨੀ ਮੈਡਾ ਲਾਲੁ ਰੀਝਾਇਆ ਹਉ ਤਿਸੁ ਆਗੈ ਮਨੁ ਡੇਂਹੀਆ ॥ ਨਾਨਕੁ ਕਹੈ ਸੁਣਿ ਬਿਨਉ ਸੁਹਾਗਣਿ ਮੂ ਦਸਿ ਡਿਖਾ ਪਿਰੁ ਕੇਹੀਆ ॥੨॥ {ਪੰਨਾ ੭੦੩}

ਪਦ ਅਰਥ :—ਪ੍ਰਿਅ—ਪਿਆਰੇ ਦੀਆਂ । ਹਭੇ—ਸਾਰੀਆਂ । ਮੂ—ਮੈਂ । ਕਹੀ ਨ ਜੇਹੀਆ—ਕਿਸੇ ਵਰਗੀ ਭੀ ਨਹੀਂ । ਡੂੰ—ਤੋਂ । ਹਿਕਿ—ਇਕਿ {ਲਫ਼ਜ਼ 'ਇਕ' ਤੋਂ ਬਹੁ-ਵਚਨ} । ਚਾੜੈ—ਚੜ੍ਹਦੀਆਂ; ਵਧੀਆ, ਸੋਹਣੀਆਂ । ਹਉ—ਮੈਂ । ਕਿਸੁ ਚਿਤੇਹੀਆ—ਕਿਸ ਨੂੰ ਚੇਤੇ ਹਾਂ? ਡੂੰ—ਤੋਂ । ਭੋਗ ਬਿਲਾਸਾ—ਮਿਲਾਪ ਦਾ ਆਨੰਦ । ਦੇਖਿ—ਵੇਖ ਕੇ । ਮਨਿ—ਮਨ ਵਿਚ । ਕਦਿ—ਕਦੋਂ? ਪਾਈ—ਪਾਈਂ, ਮੈਂ ਮਿਲ ਸਕਾਂ । ਦੇਖਿ—ਵੇਖ ਕੇ ਗੁਣਾਂ ਦਾ ਖ਼ਜ਼ਾਨਾ ਹਰੀ । ਮੈਡਾ—ਮੇਰਾ । ਰੀਝਾਇਆ—ਪ੍ਰਸੰਨ ਕਰ ਲਿਆ । ਜਿਨੀ—ਜਿਨਿ, ਜਿਸ ਨੇ । ਡੇਂਹੀਆ—ਦੇ ਦਿਆਂ । ਨਾਨਕੁ ਕਹੈ—ਨਾਨਕ ਆਖਦਾ ਹੈ । ਬਿਨਉ—{ਵਿਨਯ} ਬੇਨਤੀ । ਸੁਹਾਗਣਿ—ਹੇ ਸੋਹਾਗ ਵਾਲੀਏ! ਮੂ—ਮੈਨੂੰ । ਡਿਖਾ—ਵੇਖਾਂ ।੨।

ਅਰਥ :—ਹੇ ਸਤਸੰਗੀ ਸੱਜਣ! ਸਾਰੀਆਂ ਸਹੇਲੀਆਂ ਪਿਆਰੇ ਪ੍ਰਭੂ ਦੀਆਂ (ਇਸਤ੍ਰੀਆਂ) ਹਨ, ਮੈਂ (ਇਹਨਾਂ ਵਿਚੋਂ) ਕਿਸੇ ਵਰਗੀ ਭੀ ਨਹੀਂ । ਇਹ ਇਕ ਤੋਂ ਇਕ ਸੋਹਣੀਆਂ (ਸੋਹਣੇ ਆਤਮਕ ਜੀਵਨ ਵਾਲੀਆਂ) ਹਨ, ਮੈਂ ਕਿਸ ਗਿਣਤੀ ਵਿਚ ਹਾਂ? ਪ੍ਰਭੂ ਨਾਲ ਅਨੇਕਾਂ ਹੀ ਪਿਆਰ ਕਰਨ ਵਾਲੇ ਹਨ, ਇਕ ਦੂਜੇ ਤੋਂ ਸੋਹਣੇ ਜੀਵਨ ਵਾਲੇ ਹਨ, ਸਦਾ ਪ੍ਰਭੂ ਨਾਲ ਆਤਮਕ ਮਿਲਾਪ ਦਾ ਆਨੰਦ ਮਾਣਦੇ ਹਨ । ਇਹਨਾਂ ਨੂੰ ਵੇਖ ਕੇ ਮੇਰੇ ਮਨ ਵਿਚ (ਭੀ) ਚਾਉ ਪੈਦਾ ਹੁੰਦਾ ਹੈ ਕਿ ਮੈਂ ਭੀ ਕਦੇ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਮਿਲ ਸਕਾਂ । (ਹੇ ਗੁਰੂ!) ਜਿਸ ਨੇ (ਹੀ) ਮੇਰੇ ਪਿਆਰੇ ਹਰੀ ਨੂੰ ਪ੍ਰਸੰਨ ਕਰ ਲਿਆ ਹੈ, ਮੈਂ ਉਸ ਅੱਗੇ ਆਪਣਾ ਮਨ ਭੇਟਾ ਕਰਨ ਨੂੰ ਤਿਆਰ ਹਾਂ ।

ਨਾਨਕ ਆਖਦਾ ਹੈ—ਹੇ ਸੋਹਾਗ ਵਾਲੀਏ! ਮੇਰੀ ਬੇਨਤੀ ਸੁਣ । ਮੈਨੂੰ ਦੱਸ, ਮੈਂ ਵੇਖਾਂ, ਪ੍ਰਭੂ-ਪਤੀ ਕਿਹੋ ਜਿਹਾ ਹੈ ।੨।

ਯਾਰ ਵੇ ਪਿਰੁ ਆਪਣ ਭਾਣਾ ਕਿਛੁ ਨੀਸੀ ਛੰਦਾ ॥ ਯਾਰ ਵੇ ਤੈ ਰਾਵਿਆ ਲਾਲਨੁ ਮੂ ਦਸਿ ਦਸੰਦਾ ॥ ਲਾਲਨੁ ਤੈ ਪਾਇਆ ਆਪੁ ਗਵਾਇਆ ਜੈ ਧਨ ਭਾਗ ਮਥਾਣੇ ॥ ਬਾਂਹ ਪਕੜਿ ਠਾਕੁਰਿ ਹਉ ਘਿਧੀ ਗੁਣ ਅਵਗਣ ਨ ਪਛਾਣੇ ॥ ਗੁਣ ਹਾਰੁ ਤੈ ਪਾਇਆ ਰੰਗੁ ਲਾਲੁ ਬਣਾਇਆ ਤਿਸੁ ਹਭੋ ਕਿਛੁ ਸੁਹੰਦਾ ॥ ਜਨ ਨਾਨਕ ਧੰਨਿ ਸੁਹਾਗਣਿ ਸਾਈ ਜਿਸੁ ਸੰਗਿ ਭਤਾਰੁ ਵਸੰਦਾ ॥੩॥ {ਪੰਨਾ ੭੦੪}

ਪਦ ਅਰਥ :—ਯਾਰ ਵੇ—ਹੇ ਸਤਸੰਗੀ ਮਿੱਤਰ! ਭਾਣਾ—ਚੰਗਾ ਲੱਗ ਪਿਆ । ਨੀਸੀ—ਨਹੀਂ । ਛੰਦਾ—ਮੁਥਾਜੀ । ਤੈ—ਤੈਂ, ਤੂੰ । ਰਾਵਿਆ—ਮਿਲਾਪ ਹਾਸਲ ਕੀਤਾ । ਮੂ—ਮੈਨੂੰ । ਦਸੰਦਾ—ਪੁੱਛਦਾ ਹਾਂ । ਆਪੁ—ਆਪਾ-ਭਾਵ । ਜੈ ਧਨ ਮਥਾਣੇ—ਜਿਸ (ਜੀਵ-) ਇਸਤ੍ਰੀ ਦੇ ਮੱਥੇ ਉਤੇ । ਪਕੜਿ—ਫੜ ਕੇ । ਠਾਕੁਰਿ—ਠਾਕੁਰ ਨੇ । ਘਿਧੀ—ਲੈ ਲਈ, ਆਪਣੀ ਬਣਾ ਲਈ । ਗੁਣ ਹਾਰੁ—ਗੁਣਾਂ ਦਾ ਹਾਰ । ਹਭੋ ਕਿਛੁ—ਸਭ ਕੁਝ, ਸਾਰਾ ਜੀਵਨ । ਤਿਸੁ—ਤਿਸੁ (ਮਿਲਿ) । ਸਾਈ—ਉਹੀ । ਸੰਗਿ—ਨਾਲ ।੩।

ਅਰਥ :—ਹੇ ਸਤਸੰਗੀ ਸੱਜਣ! (ਜਿਸ ਜੀਵ-ਇਸਤ੍ਰੀ ਨੂੰ) ਆਪਣਾ ਪ੍ਰਭੂ-ਪਤੀ ਪਿਆਰਾ ਲੱਗਣ ਲੱਗ ਪੈਂਦਾ ਹੈ (ਉਸ ਨੂੰ ਕਿਸੇ ਦੀ) ਕੋਈ ਮੁਥਾਜੀ ਨਹੀਂ ਰਹਿ ਜਾਂਦੀ । ਹੇ ਸਤਸੰਗੀ ਸੱਜਣ! ਤੂੰ ਸੋਹਣੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ, ਮੈਂ ਪੁੱਛਦਾ ਹਾਂ, ਮੈਨੂੰ ਭੀ ਉਸ ਦੀ ਦੱਸ ਪਾ । ਤੂੰ ਸੋਹਣੇ ਲਾਲ ਨੂੰ ਲੱਭ ਲਿਆ ਹੈ, ਤੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲਿਆ ਹੈ । ਜਿਸ ਜੀਵ-ਇਸਤ੍ਰੀ ਦੇ ਮੱਥੇ ਦੇ ਭਾਗ ਜਾਗਦੇ ਹਨ (ਉਸ ਨੂੰ ਮਿਲਾਪ ਹੁੰਦਾ ਹੈ) । (ਹੇ ਸਖੀ!) ਮਾਲਕ-ਪ੍ਰਭੂ ਨੇ (ਮੇਰੀ ਭੀ) ਬਾਂਹ ਫੜ ਕੇ ਮੈਨੂੰ ਆਪਣੀ ਬਣਾ ਲਿਆ ਹੈ, ਮੇਰਾ ਕੋਈ ਗੁਣ ਔਗੁਣ ਉਸ ਨੇ ਨਹੀਂ ਪਰਖਿਆ । ਹੇ ਦਾਸ ਨਾਨਕ! (ਆਖ—) ਉਹੀ ਜੀਵ-ਇਸਤ੍ਰੀ ਭਾਗਾਂ ਵਾਲੀ ਹੈ, ਜਿਸ ਦੇ ਨਾਲ (ਜਿਸ ਦੇ ਹਿਰਦੇ ਵਿਚ) ਖਸਮ-ਪ੍ਰਭੂ ਵੱਸਦਾ ਹੈ ।੩।

ਯਾਰ ਵੇ ਨਿਤ ਸੁਖ ਸੁਖੇਦੀ ਸਾ ਮੈ ਪਾਈ ॥ ਵਰੁ ਲੋੜੀਦਾ ਆਇਆ ਵਜੀ ਵਾਧਾਈ ॥ ਮਹਾ ਮੰਗਲੁ ਰਹਸੁ ਥੀਆ ਪਿਰੁ ਦਇਆਲੁ ਸਦ ਨਵ ਰੰਗੀਆ ॥ ਵਡਭਾਗਿ ਪਾਇਆ ਗੁਰਿ ਮਿਲਾਇਆ ਸਾਧ ਕੈ ਸਤਸੰਗੀਆ ॥ ਆਸਾ ਮਨਸਾ ਸਗਲ ਪੂਰੀ ਪ੍ਰਿਅ ਅੰਕਿ ਅੰਕੁ ਮਿਲਾਈ ॥ ਬਿਨਵੰਤਿ ਨਾਨਕੁ ਸੁਖ ਸੁਖੇਦੀ ਸਾ ਮੈ ਗੁਰ ਮਿਲਿ ਪਾਈ ॥੪॥੧॥ {ਪੰਨਾ 704}

ਪਦ ਅਰਥ :—ਸੁਖ—ਸੁੱਖਣਾ । ਸੁਖੇਦੀ—ਮੈਂ ਸੁੱਖਦੀ ਸਾਂ । ਸਾ—ਉਹ (ਸੁੱਖਣਾ) । ਲੋੜੀਦਾ—ਜਿਸ ਨੂੰ ਮੈਂ ਲੋੜਦੀ ਸਾਂ । ਵਧਾਈ—ਚੜ੍ਹਦੀ ਕਲਾ, ਉਤਸ਼ਾਹ । ਰਹਸੁ—ਆਨੰਦ । ਸਦ—ਸਦਾ । ਨਵ ਰੰਗੀਆ—ਨਵੇਂ ਰੰਗ ਵਾਲਾ । ਭਾਗਿ—ਕਿਸਮਤ ਨਾਲ । ਗੁਰਿ—ਗੁਰੂ ਨੇ । ਕੈ ਸਤਸੰਗੀਆ—ਦੀ ਸੰਗਤਿ ਵਿਚ । ਮਨਸਾ—ਮੁਰਾਦ । ਅੰਕਿ—ਅੰਕ ਵਿਚ । ਅੰਕੁ—ਅੰਗ, ਆਪਾ । ਮਿਲਿ—ਮਿਲ ਕੇ । ਗੁਰ ਮਿਲਿ—ਗੁਰੂ ਨੂੰ ਮਿਲ ਕੇ ।੪।

ਅਰਥ :—ਹੇ ਸਤਸੰਗੀ ਸੱਜਣ! ਜੇਹੜੀ ਸੁੱਖਣਾ ਮੈਂ ਸਦਾ ਸੁੱਖਦੀ ਰਹਿੰਦੀ ਸਾਂ, ਉਹ (ਸੁੱਖਣਾ) ਮੈਂ ਪਾ ਲਈ ਹੈ (ਮੇਰੀ ਉਹ ਮੁਰਾਦ ਪੂਰੀ ਹੋ ਗਈ ਹੈ) । ਜਿਸ ਪ੍ਰਭੂ-ਪਤੀ ਨੂੰ ਮੈਂ (ਚਿਰਾਂ ਤੋਂ) ਲੱਭਦੀ ਆ ਰਹੀ ਸਾਂ ਉਹ (ਮੇਰੇ ਹਿਰਦੇ ਵਿਚ) ਆ ਵੱਸਿਆ ਹੈ, ਹੁਣ ਮੇਰੇ ਅੰਦਰ ਆਤਮਕ ਉਤਸ਼ਾਹ ਦੇ ਵਾਜੇ ਵੱਜ ਰਹੇ ਹਨ । ਸਦਾ ਨਵੇਂ ਪ੍ਰੇਮ-ਰੰਗ ਵਾਲਾ ਤੇ ਦਇਆ ਦਾ ਸੋਮਾ ਪ੍ਰਭੂ-ਪਤੀ (ਮੇਰੇ ਅੰਦਰ ਆ ਵੱਸਿਆ ਹੈ, ਹੁਣ ਮੇਰੇ ਅੰਦਰ) ਬੜਾ ਆਨੰਦ ਤੇ ਉਤਸ਼ਾਹ ਬਣ ਰਿਹਾ ਹੈ । ਹੇ ਸਤਸੰਗੀ ਸੱਜਣ! ਵੱਡੀ ਕਿਸਮਤ ਨਾਲ ਉਹ ਪ੍ਰਭੂ-ਪਤੀ ਮੈਨੂੰ ਲੱਭਾ ਹੈ, ਗੁਰੂ ਨੇ ਮੈਨੂੰ ਸਾਧ ਸੰਗਤਿ ਵਿਚ (ਉਸ ਨਾਲ) ਮਿਲਾ ਦਿੱਤਾ ਹੈ । (ਗੁਰੂ ਨੇ) ਮੇਰਾ ਆਪਾ ਪਿਆਰੇ ਦੇ ਅੰਕ ਵਿਚ ਮਿਲਾ ਦਿੱਤਾ ਹੈ, ਮੇਰੀ ਹਰੇਕ ਆਸ ਮੁਰਾਦ ਪੂਰੀ ਹੋ ਗਈ ਹੈ ।

ਨਾਨਕ ਬੇਨਤੀ ਕਰਦਾ ਹੈ—ਜੇਹੜੀ ਸੁੱਖਣਾ ਮੈਂ (ਸਦਾ) ਸੁੱਖਦੀ ਰਹਿੰਦੀ ਸਾਂ, ਗੁਰੂ ਨੂੰ ਮਿਲ ਕੇ ਉਹ (ਸੁੱਖਣਾ) ਮੈਂ ਹਾਸਲ ਕਰ ਲਈ ਹੈ ।੪।

ਜੈਤਸਰੀ ਮਹਲਾ ੫ ਘਰੁ ੨ ਛੰਤ

ੴ ਸਤਿਗੁਰ ਪ੍ਰਸਾਦਿ ॥ ਸਲੋਕੁ ॥ ਊਚਾ ਅਗਮ ਅਪਾਰ ਪ੍ਰਭੁ ਕਥਨੁ ਨ ਜਾਇ ਅਕਥੁ ॥ ਨਾਨਕ ਪ੍ਰਭ ਸਰਣਾਗਤੀ ਰਾਖਨ ਕਉ ਸਮਰਥੁ ॥੧॥ ਛੰਤੁ ॥ ਜਿਉ ਜਾਨਹੁ ਤਿਉ ਰਾਖੁ ਹਰਿ ਪ੍ਰਭ ਤੇਰਿਆ ॥ ਕੇਤੇ ਗਨਉ ਅਸੰਖ ਅਵਗਣ ਮੇਰਿਆ ॥ ਅਸੰਖ ਅਵਗਣ ਖਤੇ ਫੇਰੇ ਨਿਤਪ੍ਰਤਿ ਸਦ ਭੂਲੀਐ ॥ ਮੋਹ ਮਗਨ ਬਿਕਰਾਲ ਮਾਇਆ ਤਉ ਪ੍ਰਸਾਦੀ ਘੂਲੀਐ ॥ ਲੂਕ ਕਰਤ ਬਿਕਾਰ ਬਿਖੜੇ ਪ੍ਰਭ ਨੇਰ ਹੂ ਤੇ ਨੇਰਿਆ ॥ ਬਿਨਵੰਤਿ ਨਾਨਕ ਦਇਆ ਧਾਰਹੁ ਕਾਢਿ ਭਵਜਲ ਫੇਰਿਆ ॥੧॥ {ਪੰਨਾ 704}

ਪਦ ਅਰਥ :—ਅਗਮ—ਅਪਹੁੰਚ । ਕਥਨੁ ਨ ਜਾਇ—ਬਿਆਨ ਨਹੀਂ ਹੋ ਸਕਦਾ । ਅਕਥੁ—ਬਿਆਨ ਤੋਂ ਪਰੇ । ਪ੍ਰਭ—ਹੇ ਪ੍ਰਭੂ! ਰਾਖਨ ਕਉ—ਰੱਖਿਆ ਕਰਨ ਲਈ । ਸਮਰਥੁ—ਤਾਕਤ ਵਾਲਾ ।੧।

ਪ੍ਰਭ—ਹੇ ਪ੍ਰਭੂ! ਗਨਉ—ਮੈਂ ਗਿਣਾਂ, ਗਨਉਂ । ਅਸੰਖ—ਗਿਣਤੀ ਤੋਂ ਪਰੇ, ਅਣਗਿਣਤ । ਖਤੇ—ਪਾਪ । ਫੇਰੇ—ਗੇੜੇ । ਨਿਤ ਪ੍ਰਤਿ—ਸਦਾ ਹੀ । ਸਦ—ਸਦਾ । ਬਿਕਰਾਲ—ਭਿਆਨਕ । ਤਉ ਪ੍ਰਸਾਦੀ—ਤੇਰੀ ਕਿਰਪਾ ਨਾਲ । ਘੂਲੀਐ—ਬਚ ਸਕੀਦਾ ਹੈ । ਲੂਕ ਕਰਤ—ਲੁਕਾਉ ਕਰਦਿਆਂ । ਬਿਖੜੇ—ਔਖੇ । ਨੇਰ ਹੂ ਤੇ ਨੇਰਿਆ—ਨੇੜੇ ਤੋਂ ਨੇੜੇ । ਭਵਜਲ—ਸੰਸਾਰ-ਸਮੁੰਦਰ । ਫੇਰਿਆ—ਗੇੜਾਂ ਵਿਚੋਂ ।੧।

ਅਰਥ :—ਸਲੋਕੁ । ਹੇ ਨਾਨਕ! (ਆਖ—) ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਤੂੰ (ਸਰਨ ਆਏ ਦੀ) ਰੱਖਿਆ ਕਰਨ ਦੀ ਤਾਕਤ ਰੱਖਦਾ ਹੈਂ । ਹੇ ਸਭ ਤੋਂ ਉੱਚੇ! ਹੇ ਅਪਹੁੰਚ! ਹੇ ਬੇਅੰਤ! ਤੂੰ ਸਭ ਦਾ ਮਾਲਕ ਹੈਂ, ਤੇਰਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਬਿਆਨ ਤੋਂ ਪਰੇ ਹੈ ।੧।

ਛੰਤੁ । ਹੇ ਹਰੀ! ਹੇ ਪ੍ਰਭੂ! ਮੈਂ ਤੇਰਾ ਹਾਂ, ਜਿਵੇਂ ਜਾਣੋ ਤਿਵੇਂ (ਮਾਇਆ ਦੇ ਮੋਹ ਤੋਂ) ਮੇਰੀ ਰੱਖਿਆ ਕਰ । ਮੈਂ (ਆਪਣੇ) ਕਿਤਨੇ ਕੁ ਔਗੁਣ ਗਿਣਾਂ? ਮੇਰੇ ਅੰਦਰ ਅਣਗਿਣਤ ਔਗੁਣ ਹਨ । ਹੇ ਪ੍ਰਭੂ! ਮੇਰੇ ਅਣਿਗਣਤ ਹੀ ਔਗੁਣ ਹਨ, ਪਾਪਾਂ ਦੇ ਗੇੜਾਂ ਵਿਚ ਫਸਿਆ ਰਹਿੰਦਾ ਹਾਂ, ਨਿੱਤ ਹੀ ਸਦਾ ਹੀ ਉਕਾਈ ਖਾ ਜਾਈਦੀ ਹੈ । ਭਿਆਨਕ ਮਾਇਆ ਦੇ ਮੋਹ ਵਿਚ ਮਸਤ ਰਹੀਦਾ ਹੈ, ਤੇਰੀ ਕਿਰਪਾ ਨਾਲ ਹੀ ਬਚ ਸਕੀਦਾ ਹੈ । ਅਸੀ ਜੀਵ ਦੁਖਦਾਈ ਵਿਕਾਰ (ਆਪਣੇ ਵਲੋਂ) ਪਰਦੇ ਵਿਚ ਕਰਦੇ ਹਾਂ, ਪਰ, ਹੇ ਪ੍ਰਭੂ! ਤੂੰ ਸਾਡੇ ਨੇੜੇ ਤੋਂ ਨੇੜੇ (ਸਾਡੇ ਨਾਲ ਹੀ) ਵੱਸਦਾ ਹੈ । ਨਾਨਕ ਬੇਨਤੀ ਕਰਦਾ ਹੈ ਹੇ ਪ੍ਰਭੂ! ਸਾਡੇ ਉਤੇ ਮੇਹਰ ਕਰ, ਸਾਨੂੰ ਜੀਵਾਂ ਨੂੰ ਸੰਸਾਰ-ਸਮੁੰਦਰ ਦੇ (ਵਿਕਾਰਾਂ ਦੇ) ਗੇੜ ਵਿਚੋਂ ਕੱਢ ਲੈ ।੧।

ਸਲੋਕੁ ॥ ਨਿਰਤਿ ਨ ਪਵੈ ਅਸੰਖ ਗੁਣ ਊਚਾ ਪ੍ਰਭ ਕਾ ਨਾਉ ॥ ਨਾਨਕ ਕੀ ਬੇਨੰਤੀਆ ਮਿਲੈ ਨਿਥਾਵੇ ਥਾਉ ॥੨॥ ਛੰਤੁ ॥ ਦੂਸਰ ਨਾਹੀ ਠਾਉ ਕਾ ਪਹਿ ਜਾਈਐ ॥ ਆਠ ਪਹਰ ਕਰ ਜੋੜਿ ਸੋ ਪ੍ਰਭੁ ਧਿਆਈਐ ॥ ਧਿਆਇ ਸੋ ਪ੍ਰਭੁ ਸਦਾ ਅਪੁਨਾ ਮਨਹਿ ਚਿੰਦਿਆ ਪਾਈਐ ॥ ਤਜਿ ਮਾਨ ਮੋਹੁ ਵਿਕਾਰੁ ਦੂਜਾ ਏਕ ਸਿਉ ਲਿਵ ਲਾਈਐ ॥ ਅਰਪਿ ਮਨੁ ਤਨੁ ਪ੍ਰਭੂ ਆਗੈ ਆਪੁ ਸਗਲ ਮਿਟਾਈਐ ॥ ਬਿਨਵੰਤਿ ਨਾਨਕੁ ਧਾਰਿ ਕਿਰਪਾ ਸਾਚਿ ਨਾਮਿ ਸਮਾਈਐ ॥੨॥ {ਪੰਨਾ 704}

ਪਦ ਅਰਥ :—ਨਿਰਤਿ—ਨਿਰਨਾ, ਪਰਖ । ਅਸੰਖ—ਅਣਗਿਣਤ । ਨਿਥਾਵੇ—ਨਿਆਸਰੇ ਨੂੰ ।੨।

ਛੰਤੁ । ਠਾਉ—ਥਾਂ, ਆਸਰਾ । ਕਾ ਪਹਿ—ਕਿਸ ਦੇ ਪਾਸ? ਕਰ—{ਬਹੁ-ਵਚਨ} ਦੋਵੇਂ ਹੱਥ । ਜੋੜਿ—ਜੋੜ ਕੇ । ਧਿਆਈਐ—ਸਿਮਰਨਾ ਚਾਹੀਦਾ ਹੈ । ਧਿਆਇ—ਸਿਮਰ ਕੇ । ਮਨਹਿ—ਮਨਿ ਹੀ, ਮਨ ਵਿਚ ਹੀ {ਲਫ਼ਜ਼ 'ਮਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਚਿੰਦਿਆ—ਚਿਤਵਿਆ ਹੋਇਆ । ਤਜਿ—ਛੱਡ ਕੇ । ਵਿਕਾਰੁ ਦੂਜਾ—ਕੋਈ ਹੋਰ ਆਸਰਾ ਭਾਲਣ ਦਾ ਭੈੜ । ਸਿਉ—ਨਾਲ । ਅਰਪਿ—ਭੇਟਾ ਕਰ ਕੇ । ਆਪੁ—ਆਪਾ-ਭਾਵ । ਸਾਚਿ—ਸਦਾ-ਥਿਰ ਰਹਿਣ ਵਾਲੇ ਵਿਚ । ਸਾਚਿ ਨਾਮਿ—ਸਦਾ-ਥਿਰ ਰਹਿਣ ਵਾਲੇ ਹਰਿ ਦੇ ਨਾਮ ਵਿਚ । ਸਮਾਈਐ—ਲੀਨ ਰਹਿਣਾ ਚਾਹੀਦਾ ਹੈ ।੨।

ਅਰਥ :—ਹੇ ਭਾਈ! ਪਰਮਾਤਮਾ ਦੇ ਅਣਗਿਣਤ ਗੁਣਾਂ ਦਾ ਨਿਰਨਾ ਨਹੀਂ ਹੋ ਸਕਦਾ, ਉਸ ਦਾ ਨਾਮਣਾ (ਵਡੱਪਣ) ਸਭ ਤੋਂ ਉੱਚਾ ਹੈ । ਨਾਨਕ ਦੀ (ਉਸੇ ਦੇ ਦਰ ਤੇ ਹੀ) ਅਰਦਾਸ ਹੈ ਕਿ (ਮੈਨੂੰ) ਨਿਆਸਰੇ ਨੂੰ (ਉਸ ਦੇ ਚਰਨਾਂ ਵਿਚ) ਥਾਂ ਮਿਲ ਜਾਏ ।੨।

ਛੰਤੁ । ਹੇ ਭਾਈ! ਅਸਾਂ ਜੀਵਾਂ ਵਾਸਤੇ ਪਰਮਾਤਮਾ ਤੋਂ ਬਿਨਾ ਕੋਈ ਹੋਰ ਥਾਂ ਨਹੀਂ ਹੈ, (ਪਰਮਾਤਮਾ ਦਾ ਦਰ ਛੱਡ ਕੇ) ਅਸੀ ਹੋਰ ਕਿਸ ਦੇ ਪਾਸ ਜਾ ਸਕਦੇ ਹਾਂ? ਦੋਵੇਂ ਹੱਥ ਜੋੜ ਕੇ ਅੱਠੇ ਪਹਰ (ਹਰ ਵੇਲੇ) ਪ੍ਰਭੂ ਦਾ ਧਿਆਨ ਧਰਨਾ ਚਾਹੀਦਾ ਹੈ । ਹੇ ਭਾਈ! ਆਪਣੇ ਉਸ ਪ੍ਰਭੂ ਦਾ ਧਿਆਨ ਧਰ ਕੇ (ਉਸ ਦੇ ਦਰ ਤੋਂ) ਮਨ-ਮੰਗੀ ਮੁਰਾਦ ਹਾਸਲ ਕਰ ਲਈਦੀ ਹੈ । (ਆਪਣੇ ਅੰਦਰੋਂ) ਅਹੰਕਾਰ, ਮੋਹ, ਅਤੇ ਕੋਈ ਹੋਰ ਆਸਰਾ ਭਾਲਣ ਦਾ ਭੈੜ ਤਿਆਗ ਕੇ ਇਕ ਪਰਮਾਤਮਾ ਦੇ ਚਰਨਾਂ ਨਾਲ ਹੀ ਸੁਰਤਿ ਜੋੜਨੀ ਚਾਹੀਦੀ ਹੈ । ਹੇ ਭਾਈ! ਪ੍ਰਭੂ ਦੀ ਹਜ਼ੂਰੀ ਵਿਚ ਆਪਣਾ ਮਨ ਆਪਣਾ ਸਰੀਰ ਭੇਟਾ ਕਰ ਕੇ (ਆਪਣੇ ਅੰਦਰੋਂ) ਸਾਰਾ ਆਪਾ-ਭਾਵ ਮਿਟਾ ਦੇਣਾ ਚਾਹੀਦਾ ਹੈ । ਨਾਨਕ (ਤਾਂ ਪ੍ਰਭੂ ਦੇ ਦਰ ਤੇ ਹੀ) ਬੇਨਤੀ ਕਰਦਾ ਹੈ (ਤੇ ਆਖਦਾ ਹੈ—ਹੇ ਪ੍ਰਭੂ!) ਮੇਹਰ ਕਰ (ਤੇਰੀ ਮੇਹਰ ਨਾਲ ਹੀ ਤੇਰੇ) ਸਦਾ-ਥਿਰ ਰਹਿਣ ਵਾਲੇ ਨਾਮ ਵਿਚ ਲੀਨ ਹੋ ਸਕੀਦਾ ਹੈ ।੨।

ਸਲੋਕੁ ॥ ਰੇ ਮਨ ਤਾ ਕਉ ਧਿਆਈਐ ਸਭ ਬਿਧਿ ਜਾ ਕੈ ਹਾਥਿ ॥ ਰਾਮ ਨਾਮ ਧਨੁ ਸੰਚੀਐ ਨਾਨਕ ਨਿਬਹੈ ਸਾਥਿ ॥੩॥ ਛੰਤੁ ॥ ਸਾਥੀਅੜਾ ਪ੍ਰਭੁ ਏਕੁ ਦੂਸਰ ਨਾਹਿ ਕੋਇ ॥ ਥਾਨ ਥਨੰਤਰਿ ਆਪਿ ਜਲਿ ਥਲਿ ਪੂਰ ਸੋਇ ॥ ਜਲਿ ਥਲਿ ਮਹੀਅਲਿ ਪੂਰਿ ਰਹਿਆ ਸਰਬ ਦਾਤਾ ਪ੍ਰਭੁ ਧਨੀ ॥ ਗੋਪਾਲ ਗੋਬਿੰਦ ਅੰਤੁ ਨਾਹੀ ਬੇਅੰਤ ਗੁਣ ਤਾ ਕੇ ਕਿਆ ਗਨੀ ॥ ਭਜੁ ਸਰਣਿ ਸੁਆਮੀ ਸੁਖਹਗਾਮੀ ਤਿਸੁ ਬਿਨਾ ਅਨ ਨਾਹਿ ਕੋਇ ॥ ਬਿਨਵੰਤਿ ਨਾਨਕ ਦਇਆ ਧਾਰਹੁ ਤਿਸੁ ਪਰਾਪਤਿ ਨਾਮੁ ਹੋਇ ॥੩॥ {ਪੰਨਾ ੭੦੪}

ਪਦ ਅਰਥ :—ਤਾ ਕਉ—ਉਸ (ਪ੍ਰਭੂ ਦੇ ਨਾਮ) ਨੂੰ । ਸਭ ਬਿਧਿ—ਹਰੇਕ ਕਿਸਮ ਦੀ ਜੁਗਤਿ । ਹਾਥਿ—ਹੱਥ ਵਿਚ । ਜਾ ਕੈ ਹਾਥਿ—ਜਿਸ ਦੇ ਹੱਥ ਵਿਚ । ਸੰਚੀਐ—ਇਕੱਠਾ ਕਰਨਾ ਚਾਹੀਦਾ ਹੈ । ਨਿਬਹੈ—ਸਾਥ ਕਰਦਾ ਹੈ । ਸਾਥਿ—ਨਾਲ ।੩।

ਛੰਤੁ । ਸਾਥੀਅੜਾ—ਪਿਆਰਾ ਸਾਥੀ । ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਪੂਰ—ਵਿਆਪਕ । ਸੋਇ—ਉਹ ਹੀ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ । ਧਨੀ—ਮਾਲਕ । ਤਾ ਕੇ—ਉਸ ਦੇ । ਕਿਆ ਗਨੀ—ਮੈਂ ਕੀਹ ਗਿਣ ਸਕਦਾ ਹਾਂ? ਭਜੁ—ਪਉ, ਜਾਹ । ਸੁਖਹਗਾਮੀ—ਸੁਖ ਅਪੜਾਣ ਵਾਲਾ । ਅਨ—{ਅੰਯ} ਹੋਰ । ਧਾਰਹੁ—ਕਰਦੇ ਹੋ ।੩।

ਅਰਥ :—ਹੇ (ਮੇਰੇ) ਮਨ! ਜਿਸ ਪਰਮਾਤਮਾ ਦੇ ਹੱਥ ਵਿਚ (ਸਾਡੀ) ਹਰੇਕ (ਜੀਵਨ-) ਜੁਗਤਿ ਹੈ, ਉਸ ਦਾ ਨਾਮ ਸਿਮਰਨਾ ਚਾਹੀਦਾ ਹੈ । ਹੇ ਨਾਨਕ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਨਾ ਚਾਹੀਦਾ ਹੈ, (ਇਹੀ ਧਨ) ਸਾਡੇ ਨਾਲ ਸਾਥ ਕਰਦਾ ਹੈ ।੩।

ਛੰਤੁ । ਹੇ ਭਾਈ! ਸਿਰਫ਼ ਪਰਮਾਤਮਾ ਹੀ (ਸਦਾ ਨਾਲ ਨਿਭਣ ਵਾਲਾ) ਸਾਥੀ ਹੈ, ਉਸ ਤੋਂ ਬਿਨਾ ਹੋਰ ਕੋਈ (ਸਾਥੀ) ਨਹੀਂ । ਉਹੀ ਪਰਮਾਤਮਾ ਪਾਣੀ ਵਿਚ ਧਰਤੀ ਵਿਚ ਹਰੇਕ ਥਾਂ ਵਿਚ ਵੱਸ ਰਿਹਾ ਹੈ । ਹੇ ਭਾਈ! ਉਹ ਮਾਲਕ-ਪ੍ਰਭੂ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਵਿਆਪ ਰਿਹਾ ਹੈ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ । ਉਸ ਗੋਪਾਲ ਗੋਬਿੰਦ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਉਸ ਦੇ ਗੁਣ ਬੇਅੰਤ ਹਨ, ਮੈਂ ਉਸ ਦੇ ਗੁਣ ਕੀਹ ਗਿਣ ਸਕਦਾ ਹਾਂ? ਹੇ ਭਾਈ! ਉਸ ਮਾਲਕ ਦੀ ਸਰਨ ਪਿਆ ਰਹੁ, ਉਹ ਹੀ ਸਾਰੇ ਸੁਖ ਅਪੜਾਣ ਵਾਲਾ ਹੈ । ਉਸ ਤੋਂ ਬਿਨਾ (ਅਸਾਂ ਜੀਵਾਂ ਦਾ) ਹੋਰ ਕੋਈ (ਸਹਾਰਾ) ਨਹੀਂ ਹੈ । ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਜਿਸ ਉਤੇ ਤੂੰ ਮੇਹਰ ਕਰਦਾ ਹੈਂ, ਉਸ ਨੂੰ ਤੇਰਾ ਨਾਮ ਹਾਸਲ ਹੋ ਜਾਂਦਾ ਹੈ ।੩।

ਸਲੋਕੁ ॥ ਚਿਤਿ ਜਿ ਚਿਤਵਿਆ ਸੋ ਮੈ ਪਾਇਆ ॥ ਨਾਨਕ ਨਾਮੁ ਧਿਆਇ ਸੁਖ ਸਬਾਇਆ ॥੪॥ ਛੰਤੁ ॥ ਅਬ ਮਨੁ ਛੂਟਿ ਗਇਆ ਸਾਧੂ ਸੰਗਿ ਮਿਲੇ ॥ ਗੁਰਮੁਖਿ ਨਾਮੁ ਲਇਆ ਜੋਤੀ ਜੋਤਿ ਰਲੇ ॥ ਹਰਿ ਨਾਮੁ ਸਿਮਰਤ ਮਿਟੇ ਕਿਲਬਿਖ ਬੁਝੀ ਤਪਤਿ ਅਘਾਨਿਆ ॥ ਗਹਿ ਭੁਜਾ ਲੀਨੇ ਦਇਆ ਕੀਨੇ ਆਪਨੇ ਕਰਿ ਮਾਨਿਆ ॥ ਲੈ ਅੰਕਿ ਲਾਏ ਹਰਿ ਮਿਲਾਏ ਜਨਮ ਮਰਣਾ ਦੁਖ ਜਲੇ ॥ ਬਿਨਵੰਤਿ ਨਾਨਕ ਦਇਆ ਧਾਰੀ ਮੇਲਿ ਲੀਨੇ ਇਕ ਪਲੇ ॥੪॥੨॥ {ਪੰਨਾ ੭੦੫}

ਪਦ ਅਰਥ :—ਚਿਤਿ—ਚਿੱਤ ਵਿਚ । ਜਿ—ਜੋ ਕੁਝ । ਚਿਤਵਿਆ—ਸੋਚਿਆ, ਧਾਰਿਆ, ਮੰਗਿਆ । ਸਬਾਇਆ—ਸਾਰੇ ।੪।

ਛੰਤੁ । ਅਬ—ਹੁਣ । ਛੂਟਿ ਗਇਆ—(ਮਾਇਆ ਦੇ ਮੋਹ ਤੋਂ) ਆਜ਼ਾਦ ਹੋ ਗਿਆ । ਸਾਧੂ—ਗੁਰੂ । ਸੰਗਿ—ਸੰਗਤਿ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਜੋਤੀ—ਪ੍ਰਭੂ ਦੀ ਜੋਤੀ ਵਿਚ । ਜੋਤਿ—ਸੁਰਤਿ, ਜਿੰਦ । ਕਿਲਬਿਖ—ਪਾਪ । ਤਪਤਿ—ਵਿਕਾਰਾਂ ਦੀ ਸੜਨ । ਅਘਾਨਿਆ—ਰੱਜ ਗਏ । ਗਹਿ—ਫੜ ਕੇ । ਭੁਜਾ—ਬਾਂਹ । ਕਰਿ—ਬਣਾ ਕੇ । ਮਾਨਿਆ—ਆਦਰ ਦਿੱਤਾ । ਅੰਕਿ—ਅੰਕ ਵਿਚ, ਗੋਦ ਵਿਚ, ਚਰਨਾਂ ਵਿਚ । ਜਲੇ—ਸੜ ਜਾਂਦੇ ਹਨ । ਧਾਰੀ—ਕੀਤੀ । ਇਕ ਪਲੇ—ਇਕ ਪਲ ਵਿਚ ।੨।

ਅਰਥ :—ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਿਆ ਕਰ, (ਉਸ ਦੇ ਦਰ ਤੋਂ) ਸਾਰੇ ਸੁਖ (ਮਿਲ ਜਾਂਦੇ ਹਨ), ਮੈਂ ਤਾਂ ਜੇਹੜੀ ਭੀ ਮੰਗ ਆਪਣੇ ਚਿੱਤ ਵਿਚ (ਉਸ ਪਾਸੋਂ) ਮੰਗੀ ਹੈ, ਉਹ ਮੈਨੂੰ (ਸਦਾ) ਮਿਲ ਗਈ ਹੈ ।੪।

ਛੰਤੁ । ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਹੁਣ (ਮੇਰਾ) ਮਨ (ਮਾਇਆ ਦੇ ਮੋਹ ਤੋਂ) ਸੁਤੰਤਰ ਹੋ ਗਿਆ ਹੈ । (ਜਿਨ੍ਹਾਂ ਨੇ ਭੀ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦੀ ਜਿੰਦ ਪਰਮਾਤਮਾ ਦੀ ਜੋਤੀ ਵਿਚ ਲੀਨ ਰਹਿੰਦੀ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਿਆਂ ਸਾਰੇ ਪਾਪ ਮਿਟ ਜਾਂਦੇ ਹਨ, (ਵਿਕਾਰਾਂ ਦੀ) ਸੜਨ ਮੁੱਕ ਜਾਂਦੀ ਹੈ, (ਮਨ ਮਾਇਆ ਵਲੋਂ) ਰੱਜ ਜਾਂਦਾ ਹੈ । ਜਿਨ੍ਹਾਂ ਉਤੇ ਪ੍ਰਭੂ ਦਇਆ ਕਰਦਾ ਹੈ, ਜਿਨ੍ਹਾਂ ਦੀ ਬਾਂਹ ਫੜ ਕੇ ਆਪਣੇ ਬਣਾ ਲੈਂਦਾ ਹੈ, ਤੇ, ਆਦਰ ਦੇਂਦਾ ਹੈ, ਜਿਨ੍ਹਾਂ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਆਪਣੇ ਨਾਲ ਮਿਲਾ ਲੈਂਦਾ ਹੈ, ਉਹਨਾਂ ਦੇ ਜਨਮ ਮਰਨ ਦੇ ਸਾਰੇ ਦੁੱਖ ਸੜ (ਕੇ ਸੁਆਹ ਹੋ) ਜਾਂਦੇ ਹਨ । ਨਾਨਕ ਬੇਨਤੀ ਕਰਦਾ ਹੈ—(ਹੇ ਭਾਈ! ਜਿਨ੍ਹਾਂ ਉਤੇ ਪ੍ਰਭੂ) ਮੇਹਰ ਕਰਦਾ ਹੈ, ਉਹਨਾਂ ਨੂੰ ਇਕ ਪਲ ਵਿਚ ਆਪਣੇ ਨਾਲ ਮਿਲਾ ਲੈਂਦਾ ਹੈ ।੪।੨।

ਜੈਤਸਰੀ ਛੰਤ ਮਃ ੫ ॥ ਪਾਧਾਣੂ ਸੰਸਾਰੁ ਗਾਰਬਿ ਅਟਿਆ ॥ ਕਰਤੇ ਪਾਪ ਅਨੇਕ ਮਾਇਆ ਰੰਗ ਰਟਿਆ ॥ ਲੋਭਿ ਮੋਹਿ ਅਭਿਮਾਨਿ ਬੂਡੇ ਮਰਣੁ ਚੀਤਿ ਨ ਆਵਏ ॥ ਪੁਤ੍ਰ ਮਿਤ੍ਰ ਬਿਉਹਾਰ ਬਨਿਤਾ ਏਹ ਕਰਤ ਬਿਹਾਵਏ ॥ ਪੁਜਿ ਦਿਵਸ ਆਏ ਲਿਖੇ ਮਾਏ ਦੁਖੁ ਧਰਮ ਦੂਤਹ ਡਿਠਿਆ ॥ ਕਿਰਤ ਕਰਮ ਨ ਮਿਟੈ ਨਾਨਕ ਹਰਿ ਨਾਮ ਧਨੁ ਨਹੀ ਖਟਿਆ ॥੧॥ {ਪੰਨਾ ੭੦੫}

ਪਦ ਅਰਥ :—ਪਾਧਾਣੂ—ਪਾਂਧੀ, ਮੁਸਾਫ਼ਿਰ, ਰਾਹੀ । ਗਾਰਬਿ—ਅਹੰਕਾਰ ਨਾਲ । ਅਟਿਆ—ਲਿਬੜਿਆ ਹੋਇਆ । ਰੰਗ ਰਟਿਆ—ਰੰਗ ਵਿਚ ਰੱਤੇ ਹੋਏ । ਲੋਭਿ—ਲੋਭ ਵਿਚ । ਬੂਡੇ—ਡੁੱਬੇ ਹੋਏ । ਮਰਣੁ—ਮੌਤ । ਚੀਤਿ—ਚਿੱਤ ਵਿਚ । ਆਵਏ—ਆਵੈ, ਆਉਂਦਾ । ਬਨਿਤਾ—ਇਸਤ੍ਰੀ । ਬਿਉਹਾਰ—ਵਰਤਣ ਵਿਹਾਰ, ਮੇਲ-ਜੋਲ । ਕਰਤ—ਕਰਦਿਆਂ । ਪੁਜਿ ਆਏ—ਮੁੱਕ ਗਏ । ਦਿਵਸ—ਜ਼ਿੰਦਗੀ ਦੇ ਦਿਨ । ਮਾਏ—ਹੇ ਮਾਂ । ਕਿਰਤ—ਕੀਤੇ ਹੋਏ ।੧।

ਅਰਥ :—ਹੇ ਭਾਈ! ਜਗਤ ਮੁਸਾਫ਼ਿਰ ਹੈ (ਫਿਰ ਭੀ,) ਅਹੰਕਾਰ ਵਿਚ ਲਿਬੜਿਆ ਰਹਿੰਦਾ ਹੈ । ਮਾਇਆ ਦੇ ਕੌਤਕਾਂ ਵਿਚ ਮਸਤ ਜੀਵ ਅਨੇਕਾਂ ਪਾਪ ਕਰਦੇ ਰਹਿੰਦੇ ਹਨ । (ਜੀਵ) ਲੋਭ ਵਿਚ, (ਮਾਇਆ ਦੇ) ਮੋਹ ਵਿਚ, ਅਹੰਕਾਰ ਵਿਚ ਡੁੱਬੇ ਰਹਿੰਦੇ ਹਨ (ਇਹਨਾਂ ਨੂੰ) ਮੌਤ ਯਾਦ ਹੀ ਨਹੀਂ ਆਉਂਦੀ । ਪੁੱਤਰ, ਮਿੱਤਰ, ਇਸਤ੍ਰੀ (ਆਦਿਕ) ਦੇ ਮੇਲ-ਮਿਲਾਪ—ਇਹੀ ਕਰਦਿਆਂ (ਜੀਵਾਂ ਦੀ ਉਮਰ) ਗੁਜ਼ਰਦੀ ਜਾਂਦੀ ਹੈ । ਹੇ ਮਾਂ (ਧੁਰੋਂ) ਲਿਖੇ ਹੋਏ (ਉਮਰ ਦੇ) ਦਿਨ ਜਦੋਂ ਮੁੱਕ ਜਾਂਦੇ ਹਨ, ਤਾਂ ਧਰਮਰਾਜ ਦੇ ਦੂਤਾਂ ਨੂੰ ਵੇਖਿਆਂ ਬੜੀ ਤਕਲੀਫ਼ ਹੁੰਦੀ ਹੈ । ਹੇ ਨਾਨਕ! (ਮਨੁੱਖ ਇਥੇ) ਪਰਮਾਤਮਾ ਦਾ ਨਾਮ-ਧਨ ਨਹੀਂ ਕਮਾਂਦਾ, (ਹੋਰ ਹੋਰ) ਕੀਤੇ ਹੋਏ ਕਰਮਾਂ (ਦਾ ਲੇਖਾ) ਨਹੀਂ ਮਿਟਦਾ ।੧।

ਉਦਮ ਕਰਹਿ ਅਨੇਕ ਹਰਿ ਨਾਮੁ ਨ ਗਾਵਹੀ ॥ ਭਰਮਹਿ ਜੋਨਿ ਅਸੰਖ ਮਰਿ ਜਨਮਹਿ ਆਵਹੀ ॥ ਪਸੂ ਪੰਖੀ ਸੈਲ ਤਰਵਰ ਗਣਤ ਕਛੂ ਨ ਆਵਏ ॥ ਬੀਜੁ ਬੋਵਸਿ ਭੋਗ ਭੋਗਹਿ ਕੀਆ ਅਪਣਾ ਪਾਵਏ ॥ ਰਤਨ ਜਨਮੁ ਹਾਰੰਤ ਜੂਐ ਪ੍ਰਭੂ ਆਪਿ ਨ ਭਾਵਹੀ ॥ ਬਿਨਵੰਤਿ ਨਾਨਕ ਭਰਮਹਿ ਭ੍ਰਮਾਏ ਖਿਨੁ ਏਕੁ ਟਿਕਣੁ ਨ ਪਾਵਹੀ ॥੨॥ {ਪੰਨਾ ੭੦੫}

ਪਦ ਅਰਥ :—ਕਰਹਿ—ਕਰਦੇ ਹਨ । ਗਾਵਹੀ—ਗਾਵਹਿ, ਗਾਉਂਦੀ । ਭਰਮਹਿ—ਭਟਕਦੇ ਹਨ । ਅਸੰਖ—ਅਣਗਿਣਤ । ਮਰਿ—ਮਰ ਕੇ, ਆਤਮਕ ਮੌਤ ਸਹੇੜ ਕੇ । ਜਨਮਹਿ—ਜੰਮਦੇ ਹਨ । ਆਵਹੀ—ਆਵਹਿ, (ਜੂਨਾਂ ਵਿਚ) ਆਉਂਦੇ ਹਨ । ਸੈਲ—ਪੱਥਰ । ਤਰਵਰ—ਰੁੱਖ । ਨ ਆਵਏ—ਨ ਆਵੈ, ਨਹੀਂ ਆਉਂਦੀ । ਬੋਵਸਿ—(ਤੂੰ) ਬੀਜੇਂਗਾ । ਭੋਗਹਿ—(ਤੂੰ) ਭੋਗੇਂਗਾ । ਪਾਵਏ—ਪਾਵੈ, ਪਾਂਦਾ ਹੈ । ਹਾਰੰਤ—ਹਾਰਨ ਵਾਲੇ । ਜੂਐ—ਜੂਏ ਵਿਚ । ਭਾਵਹੀ—ਭਾਵਹਿ, ਚੰਗੇ ਲੱਗਦੇ । ਭਰਮਹਿ—ਭਟਕਦੇ ਹਨ । ਭਰਮਾਏ—ਕੁਰਾਹੇ ਪਾਏ ਹੋਏ । ਨ ਪਾਵਹੀ—ਨ ਪਾਵਹਿ, ਨਹੀਂ ਪਾਂਦੇ ।੨।

ਅਰਥ :—ਹੇ ਭਾਈ! ਜੇਹੜੇ ਮਨੁੱਖ ਹੋਰ ਹੋਰ ਉੱਦਮ ਤਾਂ ਅਨੇਕਾਂ ਹੀ ਕਰਦੇ ਹਨ, ਪਰ ਪਰਮਾਤਮਾ ਦਾ ਨਾਮ ਨਹੀਂ ਜਪਦੇ, ਉਹ ਅਣਗਿਣਤ ਜੂਨਾਂ ਵਿਚ ਭਟਕਦੇ ਫਿਰਦੇ ਹਨ, ਆਤਮਕ ਮੌਤ ਸਹੇੜ ਕੇ (ਮੁੜ ਮੁੜ) ਜੰਮਦੇ ਹਨ (ਮੁੜ ਮੁੜ ਜਗਤ ਵਿਚ) ਆਉਂਦੇ ਹਨ । (ਉਹ ਮਨੁੱਖ) ਪਸ਼ੂ ਪੰਛੀ, ਪੱਥਰ, ਰੁੱਖ (ਆਦਿਕ ਅਨੇਕਾਂ ਜੂਨਾਂ ਵਿਚ ਪੈਂਦੇ ਹਨ, ਜਿਨ੍ਹਾਂ ਦੀ) ਕੋਈ ਗਿਣਤੀ ਹੀ ਨਹੀਂ ਹੋ ਸਕਦੀ । (ਹੇ ਭਾਈ! ਚੇਤੇ ਰੱਖ, ਜਿਹੋ ਜਿਹਾ) ਤੂੰ ਬੀ ਬੀਜੇਂਗਾ (ਉਹੋ ਜਿਹੇ) ਫਲ ਖਾਏਂਗਾ । (ਹਰੇਕ ਮਨੁੱਖ) ਆਪਣਾ ਕੀਤਾ ਪਾਂਦਾ ਹੈ । ਜੇਹੜੇ ਮਨੁੱਖ ਇਸ ਕੀਮਤੀ ਮਨੁੱਖਾ ਜਨਮ ਨੂੰ ਜੂਏ ਵਿਚ ਹਾਰ ਰਹੇ ਹਨ, ਉਹ ਪਰਮਾਤਮਾ ਨੂੰ ਭੀ ਚੰਗੇ ਨਹੀਂ ਲਗਦੇ । ਨਾਨਕ ਬੇਨਤੀ ਕਰਦਾ ਹੈ ਅਜੇਹੇ ਮਨੁੱਖ (ਮਾਇਆ ਦੀ ਹੱਥੀਂ) ਕੁਰਾਹੇ ਪਏ ਹੋਏ (ਜੂਨਾਂ ਵਿਚ) ਭਟਕਦੇ ਫਿਰਦੇ ਹਨ, (ਜੂਨਾਂ ਦੇ ਗੇੜ ਵਿਚੋਂ) ਇਕ ਛਿਨ ਭਰ ਭੀ ਟਿਕ ਨਹੀਂ ਸਕਦੇ ।੨।

ਜੋਬਨੁ ਗਇਆ ਬਿਤੀਤਿ ਜਰੁ ਮਲਿ ਬੈਠੀਆ ॥ ਕਰ ਕੰਪਹਿ ਸਿਰੁ ਡੋਲ ਨੈਣ ਨ ਡੀਠਿਆ ॥ ਨਹ ਨੈਣ ਦੀਸੈ ਬਿਨੁ ਭਜਨ ਈਸੈ ਛੋਡਿ ਮਾਇਆ ਚਾਲਿਆ ॥ ਕਹਿਆ ਨ ਮਾਨਹਿ ਸਿਰਿ ਖਾਕੁ ਛਾਨਹਿ ਜਿਨ ਸੰਗਿ ਮਨੁ ਤਨੁ ਜਾਲਿਆ ॥ ਸ੍ਰੀਰਾਮ ਰੰਗ ਅਪਾਰ ਪੂਰਨ ਨਹ ਨਿਮਖ ਮਨ ਮਹਿ ਵੂਠਿਆ ॥ ਬਿਨਵੰਤਿ ਨਾਨਕ ਕੋਟਿ ਕਾਗਰ ਬਿਨਸ ਬਾਰ ਨ ਝੂਠਿਆ ॥੩॥ {ਪੰਨਾ ੭੦੫}

ਪਦ ਅਰਥ :—ਜੋਬਨੁ—ਜਵਾਨੀ । ਕਰ—{ਬਹੁ-ਵਚਨ} ਦੋਵੇਂ ਹੱਥ । ਕੰਪਹਿ—ਕੰਬਦੇ ਹਨ । ਡੋਲ—ਝੋਲਾ । ਦੀਸੈ—ਦਿੱਸਦਾ । ਈਸ—ਈਸ਼ਵਰ । ਨ ਮਾਨਹਿ—ਨਹੀਂ ਮੰਨਦੇ । ਸਿਰਿ—ਸਿਰ ਉੱਤੇ । ਸੰਗਿ—ਨਾਲ । ਚਾਲਿਆ—ਸਾੜ ਦਿੱਤਾ । ਰੰਗ—ਪਿਆਰ । ਵੂਠਿਆ—ਵੱਸਿਆ । ਕੋਟਿ—ਕ੍ਰੋੜਾਂ {ਕੋਟਿ—ਕ੍ਰੋੜ । ਕੋਟੁ—ਕਿਲ੍ਹਾ । ਕੋਟ—ਕਿਲ੍ਹੇ} । ਬਾਰ—ਦੇਰ । ਝੂਠਿਆ—ਨਾਸਵੰਤ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ ।੩।

ਅਰਥ :—ਹੇ ਭਾਈ! ਆਖ਼ਰ ਜਵਾਨੀ ਬੀਤ ਜਾਂਦੀ ਹੈ, (ਉਸ ਦੀ ਥਾਂ) ਬੁਢੇਪਾ ਮੱਲ ਕੇ ਬਹਿ ਜਾਂਦਾ ਹੈ । ਹੱਥ ਕੰਬਣ ਲੱਗ ਪੈਂਦੇ ਹਨ, ਸਿਰ ਝੋਲਾ ਖਾਣ ਲੱਗ ਪੈਂਦਾ ਹੈ, ਅੱਖਾਂ ਨਾਲ ਕੁਝ ਦਿੱਸਦਾ ਨਹੀਂ । ਅੱਖੀਂ ਕੁਝ ਦਿੱਸਦਾ ਨਹੀਂ, (ਜਿਸ ਮਾਇਆ ਦੀ ਖ਼ਾਤਰ) ਪਰਮਾਤਮਾ ਦੇ ਭਜਨ ਤੋਂ ਵਾਂਜਿਆ ਰਿਹਾ, (ਆਖ਼ਰ ਉਸ) ਮਾਇਆ ਨੂੰ (ਭੀ ਛੱਡ ਕੇ ਤੁਰ ਪੈਂਦਾ ਹੈ । ਜਿਨ੍ਹਾਂ (ਪੁੱਤਰ ਆਦਿਕ ਸੰਬੰਧੀਆਂ ਦੇ) ਨਾਲ (ਆਪਣਾ) ਮਨ (ਆਪਣਾ) ਸਰੀਰ (ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਿਹਾ; (ਬੁਢੇਪੇ ਵੇਲੇ ਉਹ ਭੀ) ਆਖਾ ਨਹੀਂ ਮੰਨਦੇ, ਸਿਰ ਉਤੇ ਸੁਆਹ ਹੀ ਪਾਂਦੇ ਹਨ (ਗੱਲੇ ਗੱਲੇ ਟਕੇ ਵਰਗਾ ਕੋਰਾ ਜਵਾਬ ਦੇਂਦੇ ਹਨ) । (ਮਾਇਆ ਦੇ ਮੋਹ ਵਿਚ ਫਸੇ ਰਹਿਣ ਦੇ ਕਾਰਨ) ਬੇਅੰਤ, ਸਰਬ-ਵਿਆਪਕ ਪਰਮਾਤਮਾ ਦੇ ਪ੍ਰੇਮ ਦੀਆਂ ਗੱਲਾਂ ਇਕ ਛਿਨ ਵਾਸਤੇ ਭੀ ਮਨ ਵਿਚ ਨਾਹ ਵੱਸੀਆਂ । ਨਾਨਕ ਬੇਨਤੀ ਕਰਦਾ ਹੈ—ਇਹ ਨਾਸਵੰਤ (ਸਰੀਰ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ਜਿਵੇਂ ਕ੍ਰੋੜਾਂ (ਮਣ) ਕਾਗ਼ਜ਼ (ਪਲ ਵਿਚ ਸੜ ਕੇ ਸੁਆਹ ਹੋ ਜਾਂਦੇ ਹਨ) ।੩।

ਚਰਨ ਕਮਲ ਸਰਣਾਇ ਨਾਨਕੁ ਆਇਆ ॥ ਦੁਤਰੁ ਭੈ ਸੰਸਾਰੁ ਪ੍ਰਭਿ ਆਪਿ ਤਰਾਇਆ ॥ ਮਿਲਿ ਸਾਧ ਸੰਗੇ ਭਜੇ ਸ੍ਰੀਧਰ ਕਰਿ ਅੰਗੁ ਪ੍ਰਭ ਜੀ ਤਾਰਿਆ ॥ ਹਰਿ ਮਾਨਿ ਲੀਏ ਨਾਮ ਦੀਏ ਅਵਰੁ ਕਛੁ ਨ ਬੀਚਾਰਿਆ ॥ ਗੁਣ ਨਿਧਾਨ ਅਪਾਰ ਠਾਕੁਰ ਮਨਿ ਲੋੜੀਦਾ ਪਾਇਆ ॥ ਬਿਨਵੰਤਿ ਨਾਨਕੁ ਸਦਾ ਤ੍ਰਿਪਤੇ ਹਰਿ ਨਾਮੁ ਭੋਜਨੁ ਖਾਇਆ ॥੪॥੨॥੩॥ {ਪੰਨਾ ੭੦੫}

ਪਦ ਅਰਥ :—ਚਰਨ ਕਮਲ—ਕੌਲ-ਫੁੱਲਾਂ ਵਰਗੇ ਸੋਹਣੇ ਕੋਮਲ ਚਰਨ । ਦੁਤਰੁ—{ਦੁ੍ਤਰ} ਜਿਸ ਤੋਂ ਪਾਰ ਲੰਘਣਾ ਔਖਾ ਹੈ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਪ੍ਰਭਿ—ਪ੍ਰਭੂ ਨੇ । ਮਿਲਿ—ਮਿਲ ਕੇ । ਸੰਗੇ—ਸੰਗਿ, ਸੰਗਤਿ ਵਿਚ । ਸ੍ਰੀਧਰ—ਲੱਛਮੀ ਦਾ ਪਤੀ, ਪਰਮਾਤਮਾ । ਕਰਿ—ਕਰ ਕੇ । ਅੰਗੁ—ਪੱਖ । ਮਾਨਿ ਲੀਏ—ਆਦਰ ਦਿੱਤਾ । ਅਵਰੁ ਕਛੁ—ਕੁਝ ਹੋਰ । ਨਿਧਾਨ—ਖ਼ਜ਼ਾਨਾ । ਮਨਿ—ਮਨ ਵਿਚ । ਲੋੜੀਦਾ—ਜਿਸ ਨੂੰ ਮਿਲਣ ਦੀ ਤਾਂਘ ਰੱਖੀ ਹੋਈ ਸੀ । ਤ੍ਰਿਪਤੇ—ਰੱਜੇ ਰਹਿੰਦੇ ਹਨ ।੪।

ਅਰਥ :—ਹੇ ਭਾਈ! ਨਾਨਕ (ਤਾਂ ਪ੍ਰਭੂ ਦੇ) ਕੋਮਲ ਚਰਨਾਂ ਦੀ ਸਰਨ ਆ ਪਿਆ ਹੈ । ਇਹ ਸੰਸਾਰ (-ਸਮੁੰਦਰ) ਅਨੇਕਾਂ ਡਰਾਂ ਨਾਲ ਭਰਪੂਰ ਹੈ, ਇਸ ਤੋਂ ਪਾਰ ਲੰਘਣਾ ਔਖਾ ਹੈ, (ਜੇਹੜੇ ਭੀ ਮਨੁੱਖ ਪ੍ਰਭੂ ਦੀ ਸਰਨ ਆ ਪਏ ਉਹਨਾਂ ਨੂੰ ਸਦਾ ਹੀ) ਪ੍ਰਭੂ ਨੇ ਆਪ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ । ਪ੍ਰਭੂ ਨੇ ਸਦਾ ਉਹਨਾਂ ਨੂੰ ਆਦਰ-ਮਾਣ ਦਿੱਤਾ, ਆਪਣੇ ਨਾਮ ਦੀ ਦਾਤਿ ਦਿੱਤੀ ਉਹਨਾਂ ਦੇ ਕਿਸੇ ਹੋਰ (ਗੁਣ ਔਗੁਣ ਦੀ) ਵਿਚਾਰ ਨਾਹ ਕੀਤੀ ।

ਨਾਨਕ ਬੇਨਤੀ ਕਰਦਾ ਹੈ—ਜਿਨ੍ਹਾਂ ਮਨੁੱਖਾਂ ਨੇ (ਆਤਮਕ ਜੀਵਨ ਜ਼ਿੰਦਾ ਰੱਖਣ ਲਈ) ਪਰਮਾਤਮਾ ਦਾ ਨਾਮ-ਭੋਜਨ ਖਾਧਾ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਸਦਾ ਲਈ ਰੱਜ ਗਏ ਉਹਨਾਂ ਨੇ ਉਸ ਗੁਣਾਂ ਦੇ ਖ਼ਜ਼ਾਨੇ ਬੇਅੰਤ ਮਾਲਕ-ਪ੍ਰਭੂ ਨੂੰ ਆਪਣੇ ਮਨ ਵਿਚ ਲੱਭ ਲਿਆ, ਜਿਸ ਨੂੰ ਮਿਲਣ ਦੀ ਉਹਨਾਂ ਤਾਂਘ ਰੱਖੀ ਹੋਈ ਸੀ ।੪।੨।੩।

ਜੈਤਸਰੀ ਮਹਲਾ ੫ ਵਾਰ ਸਲੋਕਾ ਨਾਲਿ

ੴ ਸਤਿਗੁਰ ਪ੍ਰਸਾਦਿ ॥ ਸਲੋਕ ॥ ਆਦਿ ਪੂਰਨ ਮਧਿ ਪੂਰਨ ਅੰਤਿ ਪੂਰਨ ਪਰਮੇਸੁਰਹ ॥ ਸਿਮਰੰਤਿ ਸੰਤ ਸਰਬਤ੍ਰ ਰਮਣੰ ਨਾਨਕ ਅਘ ਨਾਸਨ ਜਗਦੀਸੁਰਹ ॥੧॥ ਪੇਖਨ ਸੁਨਨ ਸੁਨਾਵਨੋ ਮਨ ਮਹਿ ਦ੍ਰਿੜੀਐ ਸਾਚੁ ॥ ਪੂਰਿ ਰਹਿਓ ਸਰਬਤ੍ਰ ਮੈ ਨਾਨਕ ਹਰਿ ਰੰਗਿ ਰਾਚੁ ॥੨॥ {ਪੰਨਾ ੭੦੫-੭੦੬}

ਪਦ ਅਰਥ :—ਆਦਿ—ਜਗਤ ਦੇ ਸ਼ੁਰੂ ਤੋਂ । ਪੂਰਨ—ਸਭ ਥਾਂ ਮੌਜੂਦ । ਮਧਿ—ਵਿਚਕਾਰਲੇ ਸਮੇ । ਅੰਤਿ—ਜਗਤ ਦੇ ਮੁੱਕ ਜਾਣ ਤੇ । ਸਰਬਤ੍ਰ ਰਮਣੰ—ਹਰ ਥਾਂ ਵਿਆਪਕ ਪ੍ਰਭੂ ਨੂੰ । ਅਘ—ਪਾਪ । ਜਗਦੀਸੁਰਹ—(ਜਗਤ+ਈਸੁਰ) ਜਗਤ ਦਾ ਮਾਲਕ ।੧।

ਪੇਖਨ—ਵੇਖਣ ਵਾਲਾ । ਦ੍ਰਿੜੀਐ—ਪੱਕੀ ਤਰ੍ਹਾਂ ਟਿਕਾ ਰੱਖੀਏ । ਸਾਚੁ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ । ਪੂਰਿ ਰਹਿਓ—ਮੌਜੂਦ ਹੈ । ਸਰਬਤ੍ਰ ਮੈ—ਹਰ ਥਾਂ ਵਿਆਪਕ । ਹਰਿ ਰੰਗਿ—ਹਰੀ ਦੇ ਪਿਆਰ ਵਿਚ । ਰਾਚੁ—ਇਕ ਇਕ ਹੋ ਜਾ, ਲੀਨ ਹੋ ਜਾ ।੨।

ਅਰਥ :—ਸੰਤ ਜਨ ਉਸ ਸਰਬ-ਵਿਆਪਕ ਪਰਮੇਸਰ ਨੂੰ ਸਿਮਰਦੇ ਹਨ ਜੋ ਜਗਤ ਦੇ ਸ਼ੁਰੂ ਤੋਂ ਹਰ ਥਾਂ ਮੌਜੂਦ ਹੈ, ਹੁਣ ਭੀ ਸਰਬ-ਵਿਆਪਕ ਹੈ ਤੇ ਅਖ਼ੀਰ ਵਿਚ ਭੀ ਹਰ ਥਾਂ ਹਾਜ਼ਰ ਨਾਜ਼ਰ ਰਹੇਗਾ । ਹੇ ਨਾਨਕ! ਉਹ ਜਗਤ ਦਾ ਮਾਲਕ ਪ੍ਰਭੂ ਸਭ ਪਾਪਾਂ ਦੇ ਨਾਸ ਕਰਨ ਵਾਲਾ ਹੈ ।੧।

ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਮਨ ਵਿਚ ਚੰਗੀ ਤਰ੍ਹਾਂ ਧਾਰਨ ਕਰਨਾ ਚਾਹੀਦਾ ਹੈ ਜੋ (ਹਰ ਥਾਂ) ਆਪ ਹੀ ਵੇਖਣ ਵਾਲਾ ਹੈ, ਆਪ ਹੀ ਸੁਣਨ ਵਾਲਾ ਹੈ ਤੇ ਆਪ ਹੀ ਸੁਣਾਉਣ ਵਾਲਾ ਹੈ । ਹੇ ਨਾਨਕ! ਉਸ ਹਰੀ ਦੀ ਪਿਆਰੀ ਯਾਦ ਵਿਚ ਲੀਨ ਹੋ ਜਾ ਜੋ ਸਭ ਥਾਈਂ ਮੌਜੂਦ ਹੈ ।੨।

ਪਉੜੀ ॥ ਹਰਿ ਏਕੁ ਨਿਰੰਜਨੁ ਗਾਈਐ ਸਭ ਅੰਤਰਿ ਸੋਈ ॥ ਕਰਣ ਕਾਰਣ ਸਮਰਥ ਪ੍ਰਭੁ ਜੋ ਕਰੇ ਸੁ ਹੋਈ ॥ ਖਿਨ ਮਹਿ ਥਾਪਿ ਉਥਾਪਦਾ ਤਿਸੁ ਬਿਨੁ ਨਹੀ ਕੋਈ ॥ ਖੰਡ ਬ੍ਰਹਮੰਡ ਪਾਤਾਲ ਦੀਪ ਰਵਿਆ ਸਭ ਲੋਈ ॥ ਜਿਸੁ ਆਪਿ ਬੁਝਾਏ ਸੋ ਬੁਝਸੀ ਨਿਰਮਲ ਜਨੁ ਸੋਈ ॥੧॥ {ਪੰਨਾ ੭੦੬}

ਪਦ ਅਰਥ :—ਨਿਰੰਜਨੁ—ਨਿਰ-ਅੰਜਨੁ {ਅੰਜਨੁ—ਕਾਲਖ, ਮਾਇਆ} ਮਾਇਆ ਤੋਂ ਨਿਰਲੇਪ । ਕਰਣ—ਰਚਿਆ ਹੋਇਆ ਜਗਤ । ਕਰਣ ਕਾਰਣ—ਸਾਰੇ ਜਗਤ ਦਾ ਮੂਲ । ਖਿਨੁ—ਪਲ, ਰਤਾ ਕੁ ਸਮਾ । ਥਾਪਿ—ਪੈਦਾ ਕਰ ਕੇ । ਉਥਾਪਦਾ—ਨਾਸ ਕਰ ਦੇਂਦਾ ਹੈ । ਖੰਡ—ਧਰਤੀ ਦੇ ਟੋਟੇ, ਵੱਡੇ ਵੱਡੇ ਦੇਸ । ਬ੍ਰਹਮੰਡ—ਸਾਰਾ ਜਗਤ । ਦੀਪ—ਜਜ਼ੀਰੇ । ਲੋਈ—ਜਗਤ, ਲੋਕ । ਨਿਰਮਲ—ਪਵਿਤ੍ਰ । ਸੁ—ਸੋ, ਉਹੀ ।

ਅਰਥ :—ਜੋ ਪ੍ਰਭੂ ਮਾਇਆ ਤੋਂ ਨਿਰਲੇਪ ਹੈ ਸਿਰਫ਼ ਉਸ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਉਹੀ ਸਭ ਦੇ ਅੰਦਰ ਮੌਜੂਦ ਹੈ । ਉਹ ਪ੍ਰਭੂ ਸਾਰੇ ਜਗਤ ਦਾ ਮੂਲ ਹੈ, ਸਭ ਕਿਸਮ ਦੀ ਤਾਕਤ ਵਾਲਾ ਹੈ, (ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਉਹ ਪ੍ਰਭੂ ਕਰਦਾ ਹੈ । ਇਕ ਪਲਕ ਵਿਚ (ਜੀਵਾਂ ਨੂੰ) ਪੈਦਾ ਕਰ ਕੇ ਨਾਸ ਕਰ ਦੇਂਦਾ ਹੈ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ । ਸਭ ਦੇਸਾਂ ਵਿਚ, ਸਾਰੇ ਬ੍ਰਹਮੰਡ ਵਿਚ, ਹੇਠਲੀ ਧਰਤੀ, ਜਜ਼ੀਰਿਆਂ ਵਿਚ, ਸਾਰੇ ਹੀ ਜਗਤ ਵਿਚ ਉਹ ਪ੍ਰਭੂ ਵਿਆਪਕ ਹੈ ।

ਜਿਸ ਮਨੁੱਖ ਨੂੰ (ਇਹ) ਸਮਝ ਆਪ ਪ੍ਰਭੂ ਦੇਂਦਾ ਹੈ, ਉਸ ਨੂੰ ਸਮਝ ਪੈਂਦੀ ਹੈ ਤੇ ਉਹ ਮਨੁੱਖ ਪਵਿਤ੍ਰ ਹੋ ਜਾਂਦਾ ਹੈ ।੧।

ਸਲੋਕ ॥ ਰਚੰਤਿ ਜੀਅ ਰਚਨਾ ਮਾਤ ਗਰਭ ਅਸਥਾਪਨੰ ॥ ਸਾਸਿ ਸਾਸਿ ਸਿਮਰੰਤਿ ਨਾਨਕ ਮਹਾ ਅਗਨਿ ਨ ਬਿਨਾਸਨੰ ॥੧॥ ਮੁਖੁ ਤਲੈ ਪੈਰ ਉਪਰੇ ਵਸੰਦੋ ਕੁਹਥੜੈ ਥਾਇ ॥ ਨਾਨਕ ਸੋ ਧਣੀ ਕਿਉ ਵਿਸਾਰਿਓ ਉਧਰਹਿ ਜਿਸ ਦੈ ਨਾਇ ॥੨॥ {ਪੰਨਾ ੭੦੬}

ਪਦ ਅਰਥ :—ਜੀਅ ਰਚਨਾ—ਜੀਵਾਂ ਦੀ ਬਨਾਵਟ । ਰਚੰਤਿ—ਬਣਾਉਂਦਾ ਹੈ । ਅਸਥਾਪਨੰ—ਟਿਕਾਉਂਦਾ ਹੈ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ ਨਾਲ । ਮਹਾ ਅਗਨਿ—(ਮਾਂ ਦੇ ਪੇਟ ਦੀ) ਵੱਡੀ ਅੱਗ ।੧।

ਤਲੈ—ਹੇਠਾਂ ਨੂੰ । ਕੁਹਥੜੈ ਥਾਇ—ਔਖੇ ਥਾਂ ਵਿਚ । ਧਣੀ—ਮਾਲਕ ਪ੍ਰਭੂ । ਉਧਰਹਿ—ਬਚਦਾ ਹੈਂ । ਜਿਸ ਦੈ ਨਾਇ—ਜਿਸ ਪ੍ਰਭੂ ਦੇ ਨਾਮ ਦੀ ਰਾਹੀਂ ।੨।

ਅਰਥ :—ਜੋ ਪਰਮਾਤਮਾ ਜੀਵਾਂ ਦੀ ਬਣਤਰ ਬਣਾਉਂਦਾ ਹੈ ਤੇ ਉਹਨਾਂ ਨੂੰ ਮਾਂ ਦੇ ਪੇਟ ਵਿਚ ਥਾਂ ਦੇਂਦਾ ਹੈ, ਹੇ ਨਾਨਕ! ਜੀਵ ਉਸ ਨੂੰ ਹਰੇਕ ਸਾਹ ਦੇ ਨਾਲ ਨਾਲ ਯਾਦ ਕਰਦੇ ਰਹਿੰਦੇ ਹਨ ਤੇ (ਮਾਂ ਦੇ ਪੇਟ ਦੀ) ਵੱਡੀ (ਭਿਆਨਕ) ਅੱਗ ਉਹਨਾਂ ਦਾ ਨਾਸ ਨਹੀਂ ਕਰ ਸਕਦੀ ।੧।

ਹੇ ਨਾਨਕ! (ਆਖ—ਹੇ ਭਾਈ!) ਜਦੋਂ ਤੇਰਾ ਮੂੰਹ ਹੇਠਾਂ ਨੂੰ ਸੀ, ਪੈਰ ਉਤਾਂਹ ਨੂੰ ਸਨ, ਬੜੇ ਔਖੇ ਥਾਂ ਤੂੰ ਵੱਸਦਾ ਸੈਂ ਤਦੋਂ ਜਿਸ ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਤੂੰ ਬਚਿਆ ਰਿਹਾ, ਹੁਣ ਉਸ ਮਾਲਕ ਨੂੰ ਤੂੰ ਕਿਉਂ ਭੁਲਾ ਦਿੱਤਾ? ।੨।

ਪਉੜੀ ॥ ਰਕਤੁ ਬਿੰਦੁ ਕਰਿ ਨਿੰਮਿਆ ਅਗਨਿ ਉਦਰ ਮਝਾਰਿ ॥ ਉਰਧ ਮੁਖੁ ਕੁਚੀਲ ਬਿਕਲੁ ਨਰਕਿ ਘੋਰਿ ਗੁਬਾਰਿ ॥ ਹਰਿ ਸਿਮਰਤ ਤੂ ਨਾ ਜਲਹਿ ਮਨਿ ਤਨਿ ਉਰ ਧਾਰਿ ॥ ਬਿਖਮ ਥਾਨਹੁ ਜਿਨਿ ਰਖਿਆ ਤਿਸੁ ਤਿਲੁ ਨ ਵਿਸਾਰਿ ॥ ਪ੍ਰਭ ਬਿਸਰਤ ਸੁਖੁ ਕਦੇ ਨਾਹਿ ਜਾਸਹਿ ਜਨਮੁ ਹਾਰਿ ॥੨॥ {ਪੰਨਾ ੭੦੬}

ਪਦ ਅਰਥ :—ਰਕਤੁ—ਰੱਤ, ਲਹੂ {ਇਸ ਲਫ਼ਜ਼ ਦੇ ਅਖ਼ੀਰ ਤੇ ਸਦਾ (ੁ) ਆਉਂਦਾ ਹੈ, ਸ਼ਕਲ ਤੋਂ ਪੁਲਿੰਗ ਜਾਪਦਾ ਹੈ, ਪਰ ਹੈ ਇਸਤ੍ਰੀ ਲਿੰਗ, ਦੇਖੋ 'ਗੁਰਬਾਣੀ ਵਿਆਕਰਣ'} । ਬਿੰਦੁ—ਵੀਰਜ । ਨਿੰਮਿਆ—ਉੱਗਿਆ । ਉਦਰ—ਪੇਟ । ਮਝਾਰਿ—ਵਿਚ । ਉਰਧ—ਉਲਟਾ, ਪੁੱਠਾ । ਕੁਚੀਲ—ਗੰਦਾ । ਬਿਕਲੁ—ਡਰਾਉਣਾ । ਨਰਕਿ—ਨਰਕ ਵਿਚ । ਗੁਬਾਰਿ ਨਰਕਿ—ਹਨੇਰੇ ਨਰਕ ਵਿਚ । ਮਨਿ—ਮਨ ਵਿਚ । ਤਨਿ—ਤਨ ਵਿਚ । ਉਰ—ਹਿਰਦਾ । ਬਿਖਮ—ਔਖਾ । ਥਾਨਹੁ—ਥਾਂ ਤੋਂ ।

ਅਰਥ :—(ਹੇ ਜੀਵ!) (ਮਾਂ ਦੀ) ਰੱਤ ਤੇ (ਪਿਉ ਦੇ) ਵੀਰਜ ਤੋਂ (ਮਾਂ ਦੇ) ਪੇਟ ਦੀ ਅੱਗ ਵਿਚ ਤੂੰ ਉੱਗਿਆ । ਤੇਰਾ ਮੂੰਹ ਹੇਠਾਂ ਨੂੰ ਸੀ, ਗੰਦਾ ਤੇ ਡਰਾਉਣਾ ਸੈਂ, (ਮਾਨੋ) ਇਕ ਹਨੇਰੇ ਘੋਰ ਨਰਕ ਵਿਚ ਪਿਆ ਹੋਇਆ ਸੈਂ । ਜਿਸ ਪ੍ਰਭੂ ਨੂੰ ਸਿਮਰ ਕੇ ਤੂੰ ਨਹੀਂ ਸੈਂ ਸੜਦਾ—ਉਸ ਨੂੰ (ਹੁਣ ਭੀ) ਮਨੋਂ ਤਨੋਂ ਹਿਰਦੇ ਵਿਚ ਯਾਦ ਕਰ । ਜਿਸ ਪ੍ਰਭੂ ਨੇ ਤੈਨੂੰ ਔਖੇ ਥਾਂ ਤੋਂ ਬਚਾਇਆ, ਉਸ ਨੂੰ ਰਤਾ ਭੀ ਨਾਹ ਭੁਲਾ ।

ਪ੍ਰਭੂ ਨੂੰ ਭੁਲਾਇਆਂ ਕਦੇ ਸੁਖ ਨਹੀਂ ਹੁੰਦਾ, (ਜੇ ਭੁਲਾਇੰਗਾ ਤਾਂ) ਮਨੁੱਖਾ ਜਨਮ (ਦੀ ਬਾਜ਼ੀ) ਹਾਰ ਕੇ ਜਾਵੇਂਗਾ ।੨।

ਸਲੋਕ ॥ ਮਨ ਇਛਾ ਦਾਨ ਕਰਣੰ ਸਰਬਤ੍ਰ ਆਸਾ ਪੂਰਨਹ ॥ ਖੰਡਣੰ ਕਲਿ ਕਲੇਸਹ ਪ੍ਰਭ ਸਿਮਰਿ ਨਾਨਕ ਨਹ ਦੂਰਣਹ ॥੧॥ ਹਭਿ ਰੰਗ ਮਾਣਹਿ ਜਿਸੁ ਸੰਗਿ ਤੈ ਸਿਉ ਲਾਈਐ ਨੇਹੁ ॥ ਸੋ ਸਹੁ ਬਿੰਦ ਨ ਵਿਸਰਉ ਨਾਨਕ ਜਿਨਿ ਸੁੰਦਰੁ ਰਚਿਆ ਦੇਹੁ ॥੨॥ {ਪੰਨਾ ੭੦੬}

ਪਦ ਅਰਥ :—ਮਨ ਇਛਾ—ਮਨ ਦੀ ਚਿਤਵਨੀ ਅਨੁਸਾਰ । ਦਾਨ ਕਰਣੰ—ਦਾਨ ਦੇਂਦਾ ਹੈ । ਸਰਬਤ੍ਰ—ਹਰ ਥਾਂ । ਕਲਿ—ਝਗੜੇ ।੧।

ਹਭਿ—ਸਭਿ, ਸਾਰੇ । ਮਾਣਹਿ—ਤੂੰ ਮਾਣਦਾ ਹੈਂ । ਜਿਸੁ ਸੰਗਿ—ਜਿਸ ਦੀ ਬਰਕਤਿ ਨਾਲ । ਤੈ ਸਿਉ—ਉਸ ਨਾਲ । ਬਿੰਦ—ਰਤਾ ਕੁ ਸਮਾ ਭੀ । ਨ ਵਿਸਰਉ—ਭੁੱਲ ਨਾਹ ਜਾਏ {ਵਿਸਰਉ—ਹੁਕਮੀ ਭਵਿੱਖਤ, ਅੰਨ ਪੁਰਖ, ਇਕ-ਵਚਨ} । ਜਿਨਿ—ਜਿਸ ਪ੍ਰਭੂ ਨੇ । ਸੁੰਦਰੁ ਦੇਹੁ—ਸੋਹਣਾ ਜਿਸਮ । {ਲਫ਼ਜ਼ 'ਦੇਹੁ' ਪੁਲਿੰਗ ਵਿਚ ਵਰਤਿਆ ਗਿਆ ਹੈ} ।

ਅਰਥ :—ਹੇ ਨਾਨਕ! ਜੋ ਪ੍ਰਭੂ ਅਸਾਨੂੰ ਮਨ-ਮੰਨੀਆਂ ਦਾਤਾਂ ਦੇਂਦਾ ਹੈ ਜੋ ਸਭ ਥਾਂ (ਸਭ ਜੀਵਾਂ ਦੀਆਂ) ਆਸਾਂ ਪੂਰੀਆਂ ਕਰਦਾ ਹੈ, ਜੋ ਅਸਾਡੇ ਝਗੜੇ ਤੇ ਕਲੇਸ਼ ਨਾਸ ਕਰਨ ਵਾਲਾ ਹੈ ਉਸ ਨੂੰ ਯਾਦ ਕਰ, ਉਹ ਤੈਥੋਂ ਦੂਰ ਨਹੀਂ ਹੈ ।੧।

ਹੇ ਨਾਨਕ! ਜਿਸ ਪ੍ਰਭੂ ਦੀ ਬਰਕਤਿ ਨਾਲ ਤੂੰ ਸਾਰੀਆਂ ਮੌਜਾਂ ਮਾਣਦਾ ਹੈਂ, ਉਸ ਨਾਲ ਪ੍ਰੀਤ ਜੋੜ । ਜਿਸ ਪ੍ਰਭੂ ਨੇ ਤੇਰਾ ਸੋਹਣਾ ਸਰੀਰ ਬਣਾਇਆ ਹੈ, ਰੱਬ ਕਰ ਕੇ ਉਹ ਤੈਨੂੰ ਕਦੇ ਭੀ ਨਾਹ ਭੁੱਲੇ ।੨।

ਪਉੜੀ ॥ ਜੀਉ ਪ੍ਰਾਨ ਤਨੁ ਧਨੁ ਦੀਆ ਦੀਨੇ ਰਸ ਭੋਗ ॥ ਗ੍ਰਿਹ ਮੰਦਰ ਰਥ ਅਸੁ ਦੀਏ ਰਚਿ ਭਲੇ ਸੰਜੋਗ ॥ ਸੁਤ ਬਨਿਤਾ ਸਾਜਨ ਸੇਵਕ ਦੀਏ ਪ੍ਰਭ ਦੇਵਨ ਜੋਗ ॥ ਹਰਿ ਸਿਮਰਤ ਤਨੁ ਮਨੁ ਹਰਿਆ ਲਹਿ ਜਾਹਿ ਵਿਜੋਗ ॥ ਸਾਧ ਸੰਗਿ ਹਰਿ ਗੁਣ ਰਮਹੁ ਬਿਨਸੇ ਸਭਿ ਰੋਗ ॥੩॥ {ਪੰਨਾ ੭੦੬}

ਪਦ ਅਰਥ :—ਜੀਉ—ਜਿੰਦ । ਰਸੁ—ਸੁਆਦਲੇ ਪਦਾਰਥ । ਗ੍ਰਿਹ—ਘਰ । ਮੰਦਰ—ਸੋਹਣੇ ਮਕਾਨ । ਅਸੁ—ਘੋੜੇ {ਸੰਸਕ੍ਰਿਤ ਲਫ਼ਜ਼ 'ਅਸ੍ਵ' ਹੈ, ਬਹੁ-ਵਚਨ ਵਿਚ ਭੀ 'ਅਸੁ' ਹੀ ਹੈ} । ਸੰਜੋਗ—ਭਾਗ । ਸੁਤ—ਪੁੱਤਰ । ਬਨਿਤਾ—ਇਸਤ੍ਰੀ । ਸਾਜਨ—ਮਿੱਤਰ । ਦੇਵਨ ਜੋਗ—ਜੋ ਦੇਣ ਨੂੰ ਸਮਰੱਥ ਹੈ । ਹਰਿਆ—ਖਿੜਿਆ ਹੋਇਆ । ਵਿਜੋਗ—ਵਿਛੋੜੇ ਦੇ ਦੁੱਖ । ਰਮਹੁ—ਯਾਦ ਰੱਖੋ ।

ਅਰਥ :—(ਪ੍ਰਭੂ ਨੇ ਤੈਨੂੰ) ਜਿੰਦ ਪ੍ਰਾਣ ਸਰੀਰ ਤੇ ਧਨ ਦਿੱਤਾ ਤੇ ਸੁਆਦਲੇ ਪਦਾਰਥ ਭੋਗਣ ਨੂੰ ਦਿੱਤੇ । ਤੇਰੇ ਚੰਗੇ ਭਾਗ ਬਣਾ ਕੇ, ਤੈਨੂੰ ਉਸ ਨੇ ਘਰ ਸੋਹਣੇ ਮਕਾਨ, ਰਥ ਤੇ ਘੋੜੇ ਦਿੱਤੇ । ਸਭ ਕੁਝ ਦੇਣ-ਜੋਗੇ ਪ੍ਰਭੂ ਨੇ ਤੈਨੂੰ ਪੁੱਤਰ, ਵਹੁਟੀ ਮਿੱਤ੍ਰ ਤੇ ਨੌਕਰ ਦਿੱਤੇ ।

ਉਸ ਪ੍ਰਭੂ ਨੂੰ ਸਿਮਰਿਆਂ ਮਨ ਤਨ ਖਿੜਿਆ ਰਹਿੰਦਾ ਹੈ, ਸਾਰੇ ਦੁੱਖ ਮਿਟ ਜਾਂਦੇ ਹਨ । (ਹੇ ਭਾਈ!) ਸਤਸੰਗ ਵਿਚ ਉਸ ਹਰੀ ਦੇ ਗੁਣ ਚੇਤੇ ਕਰਿਆ ਕਰੋ, ਸਾਰੇ ਰੋਗ (ਉਸ ਨੂੰ ਸਿਮਰਿਆਂ) ਨਾਸ ਹੋ ਜਾਂਦੇ ਹਨ ।੩।

ਸਲੋਕ ॥ ਕੁਟੰਬ ਜਤਨ ਕਰਣੰ ਮਾਇਆ ਅਨੇਕ ਉਦਮਹ ॥ ਹਰਿ ਭਗਤਿ ਭਾਵ ਹੀਣੰ ਨਾਨਕ ਪ੍ਰਭ ਬਿਸਰਤ ਤੇ ਪ੍ਰੇਤਤਹ ॥੧॥ ਤੁਟੜੀਆ ਸਾ ਪ੍ਰੀਤਿ ਜੋ ਲਾਈ ਬਿਅੰਨ ਸਿਉ ॥ ਨਾਨਕ ਸਚੀ ਰੀਤਿ ਸਾਂਈ ਸੇਤੀ ਰਤਿਆ ॥੨॥ {ਪੰਨਾ ੭੦੬}

ਪਦ ਅਰਥ :—ਜਤਨ—ਕੋਸ਼ਿਸ਼ਾਂ । ਅਨੇਕ ਉਦਮਹ—ਕਈ ਆਹਰ । ਭਗਤਿ ਭਾਵ ਹੀਣੰ—ਬੰਦਗੀ ਦੀ ਤਾਂਘ ਤੋਂ ਸੱਖਣੇ । ਪ੍ਰੇਤਤਹ—ਜਿੰਨ ਭੂਤ ।੧।

ਤੁਟੜੀਆ—ਟੁੱਟ ਗਈ । ਸਾ—ਉਹ । ਬਿਅੰਨ ਸਿਉ—ਕਿਸੇ ਹੋਰ ਨਾਲ । ਸਚੀ—ਸਦਾ ਕਾਇਮ ਰਹਿਣ ਵਾਲੀ । ਰੀਤਿ—ਮਰਯਾਦਾ । ਸੇਤੀ—ਨਾਲ । ਰਤਿਆ—ਜੇ ਰੱਤੇ ਰਹੀਏ ।੨।

ਅਰਥ :—ਮਨੁੱਖ ਆਪਣੇ ਟੱਬਰ ਵਾਸਤੇ ਕਈ ਕੋਸ਼ਿਸ਼ਾਂ ਕਰਦੇ ਹਨ, ਮਾਇਆ ਦੀ ਖ਼ਾਤਰ ਅਨੇਕਾਂ ਆਹਰ ਕਰਦੇ ਹਨ, ਪਰ ਪ੍ਰਭੂ ਦੀ ਭਗਤੀ ਦੀ ਤਾਂਘ ਤੋਂ ਸੱਖਣੇ ਰਹਿੰਦੇ ਹਨ, ਤੇ ਹੇ ਨਾਨਕ! ਜੋ ਜੀਵ ਪ੍ਰਭੂ ਨੂੰ ਵਿਸਾਰਦੇ ਹਨ ਉਹ (ਮਾਨੋ) ਜਿੰਨ ਭੂਤ ਹਨ ।੧।

ਜੇਹੜੀ ਪ੍ਰੀਤਿ (ਪ੍ਰਭੂ ਤੋਂ ਬਿਨਾ) ਕਿਸੇ ਹੋਰ ਨਾਲ ਲਾਈਦੀ ਹੈ, ਉਹ ਆਖ਼ਰ ਟੁੱਟ ਜਾਂਦੀ ਹੈ । ਪਰ, ਹੇ ਨਾਨਕ! ਜੇ ਸਾਈਂ ਪ੍ਰਭੂ ਨਾਲ ਰੱਤੇ ਰਹੀਏ, ਤਾਂ ਇਹੋ ਜਿਹੀ ਜੀਵਨ-ਜੁਗਤਿ ਸਦਾ ਕਾਇਮ ਰਹਿੰਦੀ ਹੈ ।੨।

ਪਉੜੀ ॥ ਜਿਸੁ ਬਿਸਰਤ ਤਨੁ ਭਸਮ ਹੋਇ ਕਹਤੇ ਸਭਿ ਪ੍ਰੇਤੁ ॥ ਖਿਨੁ ਗ੍ਰਿਹ ਮਹਿ ਬਸਨ ਨ ਦੇਵਹੀ ਜਿਨ ਸਿਉ ਸੋਈ ਹੇਤੁ ॥ ਕਰਿ ਅਨਰਥ ਦਰਬੁ ਸੰਚਿਆ ਸੋ ਕਾਰਜਿ ਕੇਤੁ ॥ ਜੈਸਾ ਬੀਜੈ ਸੋ ਲੁਣੈ ਕਰਮ ਇਹੁ ਖੇਤੁ ॥ ਅਕਿਰਤਘਣਾ ਹਰਿ ਵਿਸਰਿਆ ਜੋਨੀ ਭਰਮੇਤੁ ॥੪॥ {ਪੰਨਾ ੭੦੬}

ਪਦ ਅਰਥ :—ਜਿਸੁ ਬਿਸਰਤ—ਜਿਸ ਜਿੰਦ ਦੇ ਵਿਛੋੜੇ ਨਾਲ । ਭਸਮ—ਸੁਆਹ । ਪ੍ਰੇਤੁ—ਅਪਵਿਤ੍ਰ ਹਸਤੀ । ਸਭਿ—ਸਾਰੇ ਲੋਕ । ਸੋਈ ਹੇਤੁ—ਇਤਨਾ

ਪਿਆਰ । ਅਨਰਥ—ਮੰਦੇ ਕੰਮ । ਦਰਬੁ—ਧਨ । ਸੰਚਿਆ—ਇਕੱਠਾ ਕੀਤਾ । ਕਰਿ—ਕਰ ਕੇ । ਕੇਤੁ ਕਾਰਜਿ—(ਉਸ ਜਿੰਦ ਦੇ) ਕਿਸ ਕੰਮ? ਲੁਣੈ—ਵੱਢਦਾ ਹੈ । ਇਹੁ—ਇਹ ਸਰੀਰ । ਕਰਮ ਖੇਤੁ—ਕਰਮਾਂ ਦਾ ਖੇਤ । ਅਕਿਰਤਘਣਾ—(ਕ੍ਰਿਤਘਨ) ਕੀਤੇ ਨੂੰ ਭੁਲਾਉਣ ਵਾਲਾ ।

ਅਰਥ :—ਜਿਸ ਜਿੰਦ ਦੇ ਵਿਛੁੜਨ ਨਾਲ (ਮਨੁੱਖ ਦਾ) ਸਰੀਰ ਸੁਆਹ ਹੋ ਜਾਂਦਾ ਹੈ, ਸਾਰੇ ਲੋਕ (ਉਸ ਸਰੀਰ) ਨੂੰ ਅਪਵਿੱਤ੍ਰ ਆਖਣ ਲੱਗ ਪੈਂਦੇ ਹਨ; ਜਿਨ੍ਹਾਂ ਸਨਬੰਧੀਆਂ ਨਾਲ ਇਤਨਾ ਪਿਆਰ ਹੁੰਦਾ ਹੈ, ਉਹ ਇਕ ਪਲਕ ਲਈ ਭੀ ਘਰ ਵਿਚ ਰਹਿਣ ਨਹੀਂ ਦੇਂਦੇ । ਪਾਪ ਕਰ ਕਰ ਕੇ ਧਨ ਇਕੱਠਾ ਕਰਦਾ ਰਿਹਾ, ਪਰ ਉਸ ਜਿੰਦ ਦੇ ਕਿਸੇ ਕੰਮ ਨਾਹ ਆਇਆ ।

ਇਹ ਸਰੀਰ (ਕੀਤੇ) ਕਰਮਾਂ ਦੀ (ਮਾਨੋ) ਪੈਲੀ ਹੈ (ਇਸ ਵਿਚ) ਜਿਹੋ ਜਿਹਾ (ਕਰਮ-ਰੂਪ ਬੀਜ ਕੋਈ) ਬੀਜਦਾ ਹੈ ਉਹੀ ਵੱਢਦਾ ਹੈ । ਜੋ ਮਨੁੱਖ (ਪ੍ਰਭੂ ਦੇ) ਕੀਤੇ (ਉਪਕਾਰਾਂ) ਨੂੰ ਭੁਲਾਉਂਦੇ ਹਨ ਉਹ ਉਸ ਨੂੰ ਵਿਸਾਰ ਦੇਂਦੇ ਹਨ (ਆਖ਼ਰ) ਜੂਨਾਂ ਵਿਚ ਭਟਕਦੇ ਹਨ ।੪।

ਸਲੋਕ ॥ ਕੋਟਿ ਦਾਨ ਇਸਨਾਨੰ ਅਨਿਕ ਸੋਧਨ ਪਵਿਤ੍ਰਤਹ ॥ ਉਚਰੰਤਿ ਨਾਨਕ ਹਰਿ ਹਰਿ ਰਸਨਾ ਸਰਬ ਪਾਪ ਬਿਮੁਚਤੇ ॥੧॥ ਈਧਣੁ ਕੀਤੋ ਮੂ ਘਣਾ ਭੋਰੀ ਦਿਤੀਮੁ ਭਾਹਿ ॥ ਮਨਿ ਵਸੰਦੜੋ ਸਚੁ ਸਹੁ ਨਾਨਕ ਹਭੇ ਡੁਖੜੇ ਉਲਾਹਿ ॥੨॥ {ਪੰਨਾ ੭੦੬}

ਪਦ ਅਰਥ :—ਕੋਟਿ—ਕ੍ਰੋੜਾਂ । ਅਨਿਕ—ਅਨੇਕਾਂ । ਸੋਧਨ—ਸੁੱਚ ਰੱਖਣ ਵਾਲੇ ਸਾਧਨ । ਰਸਨਾ—ਜੀਭ (ਨਾਲ) । ਸਰਬ—ਸਾਰੇ । ਬਿਮੁਚਤੇ—ਬਿਮੁੱਚਤੇ, ਨਾਸ ਹੋ ਜਾਂਦੇ ਹਨ ।੧।

ਈਧਣੁ—ਬਾਲਣ । ਮੂ—ਮੈਂ । ਘਣਾ—ਬਹੁਤ ਸਾਰਾ । ਭੋਰੀ—ਰਤਾ ਕੁ । ਦਿਤੀਮੁ—ਮੂ ਦਿੱਤੀ, ਮੈਂ ਦਿੱਤੀ । ਭਾਹਿ—ਅੱਗ । ਮਨਿ—ਮਨ ਵਿਚ । ਹਭੇ—ਸਾਰੇ ਹੀ । ਡੁਖੜੇ—ਕੋਝੇ ਦੁੱਖ । ਉਲਾਹਿ—ਦੂਰ ਹੋ ਜਾਂਦੇ ਹਨ ।੨।

ਅਰਥ :—ਹੇ ਨਾਨਕ! ਜੋ ਮਨੁੱਖ ਜੀਭ ਨਾਲ ਪ੍ਰਭੂ ਦਾ ਨਾਮ ਉਚਾਰਦੇ ਹਨ, ਉਨ੍ਹਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਸੋ, ਉਹਨਾਂ ਨੇ (ਮਾਨੋ) ਕ੍ਰੋੜਾਂ (ਰੁਪਏ) ਦਾਨ ਕਰ ਲਏ, ਕ੍ਰੋੜਾਂ ਵਾਰੀ ਤੀਰਥ-ਇਸ਼ਨਾਨ ਕਰ ਲਏ ਹਨ ਤੇ ਅਨੇਕਾਂ ਹੀ ਸੁੱਚ ਤੇ ਪਵਿਤ੍ਰਤਾ ਦੇ ਸਾਧਨ ਕਰ ਲਏ ਹਨ ।੧।

ਮੈਂ ਬਹੁਤ ਸਾਰਾ ਬਾਲਣ ਇਕੱਠਾ ਕੀਤਾ ਤੇ ਉਸ ਨੂੰ ਰਤਾ ਕੁ ਅੱਗ ਲਾ ਦਿੱਤੀ (ਉਹ ਸਾਰਾ ਹੀ ਬਾਲਣ ਸੜ ਕੇ ਸੁਆਹ ਹੋ ਗਿਆ, ਇਸੇ ਤਰ੍ਹਾਂ) ਹੇ ਨਾਨਕ! ਜੇ ਮਨ ਵਿਚ ਸੱਚਾ ਸਾਂਈ ਵੱਸ ਪਏ ਤਾਂ ਸਾਰੇ ਕੋਝੇ ਦੁੱਖ ਲਹਿ ਜਾਂਦੇ ਹਨ ।੨।

ਪਉੜੀ ॥ ਕੋਟਿ ਅਘਾ ਸਭਿ ਨਾਸ ਹੋਹਿ ਸਿਮਰਤ ਹਰਿ ਨਾਉ ॥ ਮਨ ਚਿੰਦੇ ਫਲ ਪਾਈਅਹਿ ਹਰਿ ਕੇ ਗੁਣ ਗਾਉ ॥ ਜਨਮ ਮਰਣ ਭੈ ਕਟੀਅਹਿ ਨਿਹਚਲ ਸਚੁ ਥਾਉ ॥ ਪੂਰਬਿ ਹੋਵੈ ਲਿਖਿਆ ਹਰਿ ਚਰਣ ਸਮਾਉ ॥ ਕਰਿ ਕਿਰਪਾ ਪ੍ਰਭ ਰਾਖਿ ਲੇਹੁ ਨਾਨਕ ਬਲਿ ਜਾਉ ॥੫॥ {ਪੰਨਾ ੭੦੭}

ਪਦ ਅਰਥ :—ਕੋਟਿ—ਕ੍ਰੋੜ । ਅਘ—ਪਾਪ । ਪਾਈਅਹਿ—ਪਾਈਦੇ ਹਨ । ਮਨ ਚਿੰਦੇ—ਮਨ-ਇੱਛਤ, ਮਨ ਦੇ ਚਿਤਵੇ ਹੋਏ । ਕਟੀਅਹਿ—ਕੱਟੇ ਜਾਂਦੇ ਹਨ । ਨਿਹਚਲ—ਅਟੱਲ । ਪੂਰਬਿ—ਮੁੱਢ ਤੋਂ । ਸਮਾਉ—ਸਮਾਈ ।

ਅਰਥ :—ਪ੍ਰਭੂ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਸਾਰੇ ਦੇ ਸਾਰੇ ਨਾਸ ਹੋ ਜਾਂਦੇ ਹਨ । ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਮਨ-ਇੱਛਤ ਫਲ ਪਾਈਦੇ ਹਨ, ਜੰਮਣ ਤੋਂ ਮਰਣ ਤਕ ਦੇ ਸਾਰੇ ਸਹਿਮ ਕੱਟੇ ਜਾਂਦੇ ਹਨ ਤੇ ਅਟੱਲ ਸੱਚੀ ਪਦਵੀ ਮਿਲ ਜਾਂਦੀ ਹੈ । (ਪਰ) ਪ੍ਰਭੂ ਦੇ ਚਰਨਾਂ ਵਿਚ ਸਮਾਈ ਤਾਂ ਹੀ ਹੁੰਦੀ ਹੈ ਜੇ ਧੁਰੋਂ ਮੱਥੇ ਤੇ ਭਾਗ ਲਿਖਿਆ ਹੋਵੇ । (ਇਸ ਵਾਸਤੇ) ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ ਕਿ) ਹੇ ਪ੍ਰਭੂ! ਮੇਹਰ ਕਰ, ਮੈਨੂੰ (ਪਾਪਾਂ ਤੋਂ) ਬਚਾ ਲੈ, ਮੈਂ ਤੈਥੋਂ ਕੁਰਬਾਨ ਹਾਂ ।੫।

ਸਲੋਕ ॥ ਗ੍ਰਿਹ ਰਚਨਾ ਅਪਾਰੰ ਮਨਿ ਬਿਲਾਸ ਸੁਆਦੰ ਰਸਹ ॥ ਕਦਾਂਚ ਨਹ ਸਿਮਰੰਤਿ ਨਾਨਕ ਤੇ ਜੰਤ ਬਿਸਟਾ ਕ੍ਰਿਮਹ ॥੧॥ ਮੁਚੁ ਅਡੰਬਰੁ ਹਭੁ ਕਿਹੁ ਮੰਝਿ ਮੁਹਬਤਿ ਨੇਹ ॥ ਸੋ ਸਾਂਈ ਜੈਂ ਵਿਸਰੈ ਨਾਨਕ ਸੋ ਤਨੁ ਖੇਹ ॥੨॥ {ਪੰਨਾ ੭੦੭}

ਪਦ ਅਰਥ :—ਗ੍ਰਿਹ ਰਚਨਾ ਅਪਾਰੰ—ਘਰ ਦੀਆਂ ਬੇਅੰਤ ਸਜਾਵਟਾਂ । ਮਨਿ—ਮਨ ਵਿਚ । ਬਿਲਾਸ—ਚਾਉ ਖ਼ੁਸ਼ੀਆਂ । ਰਸਹ ਸੁਆਦੰ—ਸੁਆਦਲੇ ਪਦਾਰਥਾਂ ਦੇ ਚਸਕੇ । ਕਦਾਂਚ ਨਹ—ਕਦੇ ਭੀ ਨਹੀਂ । ਕ੍ਰਿਮਹ—ਕੀੜੇ ।

ਮੁਚੁ—ਵੱਡਾ, ਬੜਾ । ਅਡੰਬਰੁ—ਖਿਲਾਰਾ, ਸਜ-ਧਜ । ਹਭੁ ਕਿਹੁ—ਹਰੇਕ ਸ਼ੈ । ਮੰਝਿ—(ਹਿਰਦੇ) ਵਿਚ । ਨੇਹ—ਪਿਆਰ । ਜੈਂ—ਜਿਸ ਬੰਦੇ ਨੂੰ । ਤਨੁ—ਸਰੀਰ । ਖੇਹ—ਸੁਆਹ ।

ਅਰਥ :—ਘਰ ਦੀਆਂ ਬੇਅੰਤ ਸਜਾਵਟਾਂ, ਮਨ ਵਿਚ ਚਾਉ ਮਲ੍ਹਾਰ, ਸੁਆਦਲੇ ਪਦਾਰਥਾਂ ਦੇ ਚਸਕੇ—(ਇਹਨਾਂ ਵਿਚ ਲੱਗ ਕੇ) ਹੇ ਨਾਨਕ! ਜੋ ਮਨੁੱਖ ਕਦੇ ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਉਹ (ਮਾਨੋ) ਵਿਸ਼ਟੇ ਦੇ ਕੀੜੇ ਹਨ ।੧।

ਬੜੀ ਸਜ-ਧਜ ਹੋਵੇ, ਹਰੇਕ ਸ਼ੈ (ਮਿਲੀ) ਹੋਵੇ, ਹਿਰਦੇ ਵਿਚ (ਇਹਨਾਂ ਦੁਨੀਆਵੀ ਪਦਾਰਥਾਂ ਦੀ) ਮੁਹੱਬਤਿ ਤੇ ਖਿੱਚ ਹੋਵੇ—ਇਹਨਾਂ ਦੇ ਕਾਰਨ, ਹੇ ਨਾਨਕ! ਜਿਸ ਨੂੰ ਸਾਈਂ (ਦੀ ਯਾਦ) ਭੁੱਲ ਗਈ ਹੈ ਉਹ ਸਰੀਰ (ਮਾਨੋ) ਸੁਆਹ (ਹੀ) ਹੈ ।੨।

ਪਉੜੀ ॥ ਸੁੰਦਰ ਸੇਜ ਅਨੇਕ ਸੁਖ ਰਸ ਭੋਗਣ ਪੂਰੇ ॥ ਗ੍ਰਿਹ ਸੋਇਨ ਚੰਦਨ ਸੁਗੰਧ ਲਾਇ ਮੋਤੀ ਹੀਰੇ ॥ ਮਨ ਇਛੇ ਸੁਖ ਮਾਣਦਾ ਕਿਛੁ ਨਾਹਿ ਵਿਸੂਰੇ ॥ ਸੋ ਪ੍ਰਭੁ ਚਿਤਿ ਨ ਆਵਈ ਵਿਸਟਾ ਕੇ ਕੀਰੇ ॥ ਬਿਨੁ ਹਰਿ ਨਾਮ ਨ ਸਾਂਤਿ ਹੋਇ ਕਿਤੁ ਬਿਧਿ ਮਨੁ ਧੀਰੇ ॥੬॥ {ਪੰਨਾ ੭੦੭}

ਪਦ ਅਰਥ :—ਪੂਰੇ—ਮੁਕੰਮਲ । ਗ੍ਰਿਹ ਸੋਇਨ—ਸੋਨੇ ਦੇ ਘਰ । ਸੁਗੰਧ—ਖ਼ੁਸ਼ਬੂ । ਵਿਸੂਰੇ—ਫ਼ਿਕਰ, ਚਿੰਤਾ, ਝੋਰੇ । ਚਿਤਿ—ਚਿੱਤ ਵਿਚ । ਕੀਰੇ—

ਕੀੜੇ । ਕਿਤੁ ਬਿਧਿ—ਕਿਸ ਵਿਧੀ ਨਾਲ? ਧੀਰੇ—ਧੀਰਜ ਫੜਦਾ ।

ਅਰਥ :—ਜੇ ਸੋਹਣੀ ਸੇਜ ਮਿਲੀ ਹੋਵੇ, ਅਨੇਕਾਂ ਸੁਖ ਹੋਣ, ਸਭ ਕਿਸਮ ਦੇ ਸੁਆਦਲੇ ਭੋਗ ਭੋਗਣ ਨੂੰ ਹੋਣ । ਜੇ ਮੋਤੀ ਹੀਰਿਆਂ ਨਾਲ ਜੁੜੇ ਹੋਏ ਸੋਨੇ ਦੇ ਘਰ ਹੋਣ ਜਿਨ੍ਹਾਂ ਵਿਚ ਚੰਦਨ ਦੀ ਸੁਗੰਧੀ ਹੋਵੇ । ਜੇ ਮਨੁੱਖ ਮਨ-ਮੰਨੀਆਂ ਮੌਜਾਂ ਮਾਣਦਾ ਹੋਵੇ, ਤੇ ਕੋਈ ਚਿੰਤਾ ਝੌਰਾ ਨਾਹ ਹੋਵੇ, (ਪਰ ਇਹ ਸਭ ਕੁਝ ਹੁੰਦਿਆਂ) ਜੇ (ਇਹ ਦਾਤਾਂ ਦੇਣ ਵਾਲਾ) ਉਹ ਪ੍ਰਭੂ ਮਨ ਵਿਚ ਯਾਦ ਨਹੀਂ ਹੈ ਤਾਂ (ਇਹ ਭੋਗ ਭੋਗਣ ਵਾਲਿਆਂ ਨੂੰ) ਗੰਦ ਦੇ ਕੀੜੇ ਜਾਣੋ, (ਕਿਉਂਕਿ) ਪ੍ਰਭੂ ਦੇ ਨਾਮ ਤੋਂ ਬਿਨਾ ਸ਼ਾਂਤੀ ਨਹੀਂ ਮਿਲਦੀ, ਹੋਰ ਕਿਸੇ ਤਰ੍ਹਾਂ ਭੀ ਮਨ ਧੀਰਜ ਨਹੀਂ ਫੜਦਾ ।੬।

ਸਲੋਕ ॥ ਚਰਨ ਕਮਲ ਬਿਰਹੰ ਖੋਜੰਤ ਬੈਰਾਗੀ ਦਹ ਦਿਸਹ ॥ ਤਿਆਗੰਤ ਕਪਟ ਰੂਪ ਮਾਇਆ ਨਾਨਕ ਆਨੰਦ ਰੂਪ ਸਾਧ ਸੰਗਮਹ ॥੧॥ ਮਨਿ ਸਾਂਈ ਮੁਖਿ ਉਚਰਾ ਵਤਾ ਹਭੇ ਲੋਅ ॥ ਨਾਨਕ ਹਭਿ ਅਡੰਬਰ ਕੂੜਿਆ ਸੁਣਿ ਜੀਵਾ ਸਚੀ ਸੋਇ ॥੨॥ {ਪੰਨਾ ੭੦੭}

ਪਦ ਅਰਥ :—ਚਰਨ ਕਮਲ ਬਿਰਹੰ—ਪ੍ਰਭੂ ਦੇ ਸੋਹਣੇ ਚਰਨਾਂ ਦੇ ਬਿਰਹੋਂ ਵਿਚ । ਬਿਰਹ—ਮਿਲਣ ਦੀ ਖਿੱਚ । ਦਹ—ਦਸ । ਦਿਸਹ—ਪਾਸੇ । ਦਹ ਦਿਸਹ—ਦਸੀਂ ਪਾਸੀਂ । ਬੈਰਾਗੀ—ਵੈਰਾਗ-ਵਾਨ, ਆਸ਼ਿਕ, ਪ੍ਰੇਮੀ । ਕਪਟ—ਛਲ । ਸਾਧ ਸੰਗਮਹ—ਸਾਧ ਸੰਗਤਿ ।੧।

ਮਨਿ—ਮਨ ਵਿਚ । ਮੁਖਿ—ਮੂੰਹ ਨਾਲ । ਵਤਾ—ਭੌਂਦਾ ਹਾਂ । ਹਭੇ ਲੋਅ—ਸਾਰੇ ਲੋਕਾਂ ਵਿਚ, ਸਾਰੇ ਜਗਤ ਵਿਚ । ਹਭੀ—ਸਾਰੇ । ਕੂੜਿਆ—ਨਾਸਵੰਤ । ਸੋਇ—ਖ਼ਬਰ ।੨।

ਅਰਥ :—ਹੇ ਨਾਨਕ! ਪ੍ਰਭੂ ਦਾ ਪ੍ਰੇਮੀ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਜੁੜਨ ਦੀ ਖਿੱਚ ਵਿਚ ਦਸੀਂ ਪਾਸੀਂ ਭੌਂਦਾ ਹੈ, ਛਲ-ਰੂਪ ਮਾਇਆ (ਦਾ ਖਹਿੜਾ) ਛੱਡਦਾ ਹੈ ਤੇ (ਭਾਲਦਿਆਂ ਭਾਲਦਿਆਂ ਉਸ ਨੂੰ) ਆਨੰਦ-ਰੂਪ ਸਾਧ ਸੰਗਤਿ ਪ੍ਰਾਪਤ ਹੁੰਦੀ ਹੈ (ਜਿਥੇ ਉਸ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਨ ਦਾ ਅਵਸਰ ਮਿਲਦਾ ਹੈ) ।੧।

ਹੇ ਨਾਨਕ! (ਜਗਤ ਵਾਲੇ) ਸਾਰੇ ਵਿਖਾਵੇ ਮੈਨੂੰ ਨਾਸਵੰਤ ਦਿੱਸ ਰਹੇ ਹਨ, ਮੇਰੇ ਮਨ ਵਿਚ ਸਾਂਈ (ਦੀ ਯਾਦ) ਹੈ, ਮੈਂ ਮੂੰਹੋਂ ਉਸ ਦਾ ਨਾਮ ਉਚਾਰਦਾ ਹਾਂ ਤੇ ਸਾਰੇ ਜਗਤ ਵਿਚ ਚੱਕਰ ਲਾਉਂਦਾ ਹਾਂ (ਕਿ ਕਿਤੇ ਉਸ ਦੀ ਸਿਫ਼ਤਿ-ਸਾਲਾਹ ਸੁਣ ਸਕਾਂ) ਉਸ ਦੀ ਸਦਾ-ਥਿਰ ਰਹਿਣ ਵਾਲੀ ਸੋਭਾ ਸੁਣ ਕੇ ਮੈਂ ਜੀਉ ਪੈਂਦਾ ਹਾਂ ।੨।

ਪਉੜੀ ॥ ਬਸਤਾ ਤੂਟੀ ਝੁੰਪੜੀ ਚੀਰ ਸਭਿ ਛਿੰਨਾ ॥ ਜਾਤਿ ਨ ਪਤਿ ਨ ਆਦਰੋ ਉਦਿਆਨ ਭ੍ਰਮਿੰਨਾ ॥ ਮਿਤ੍ਰ ਨ ਇਠ ਧਨ ਰੂਪ ਹੀਣ ਕਿਛੁ ਸਾਕੁ ਨ ਸਿੰਨਾ ॥ ਰਾਜਾ ਸਗਲੀ ਸ੍ਰਿਸਟਿ ਕਾ ਹਰਿ ਨਾਮਿ ਮਨੁ ਭਿੰਨਾ ॥ ਤਿਸ ਕੀ ਧੂੜਿ ਮਨੁ ਉਧਰੈ ਪ੍ਰਭੁ ਹੋਇ ਸੁਪ੍ਰਸੰਨਾ ॥੭॥ {ਪੰਨਾ ੭੦੭}

ਪਦ ਅਰਥ :—ਝੁੰਪੜੀ—ਕੁੱਲੀ । ਚੀਰ—ਕਪੜੇ । ਛਿੰਨਾ—ਪਾਟੇ ਹੋਏ । ਪਤਿ—ਇੱਜ਼ਤ । ਉਦਿਆਨ—ਜੰਗਲ । ਭ੍ਰਮਿੰਨਾ—ਭਟਕਣਾ । ਇਠ—ਪਿਆਰਾ । ਸਿੰਨਾ—ਸੈਣ, ਸਨਬੰਧੀ । ਭਿੰਨਾ—ਭਿੱਜਾ । ਉਧਰੈ—(ਵਿਕਾਰਾਂ ਤੋਂ) ਬਚਦਾ ਹੈ । ਨਾਮਿ—ਨਾਮ ਵਿਚ ।

ਅਰਥ :—ਜੇ ਕੋਈ ਮਨੁੱਖ ਟੁੱਟੀ ਹੋਈ ਕੁੱਲੀ ਵਿਚ ਰਹਿੰਦਾ ਹੋਵੇ, ਉਸ ਦੇ ਕੱਪੜੇ ਸਾਰੇ ਪਾਟੇ ਹੋਏ ਹੋਣ, ਨਾਹ ਉਸ ਦੀ ਉੱਚੀ ਜਾਤਿ ਹੋਵੇ, ਨਾਹ ਕੋਈ ਇੱਜ਼ਤ ਆਦਰ ਕਰਦਾ ਹੋਵੇ, ਤੇ ਉਹ ਉਜਾੜ ਵਿਚ ਭਟਕਦਾ ਹੋਵੇ (ਭਾਵ, ਕਿਤੇ ਇੱਜ਼ਤ ਆਦਰ ਨਾਹ ਹੋਣ ਕਰਕੇ ਉਸ ਦੇ ਭਾ ਦੀ ਹਰ ਪਾਸੇ ਉਜਾੜ ਹੀ ਹੋਵੇ) । ਕੋਈ ਉਸ ਦਾ ਮਿਤ੍ਰ ਪਿਆਰਾ ਨਾਹ ਹੋਵੇ, ਨਾਹ ਧਨ ਹੀ ਹੋਵੇ, ਨਾਹ ਰੂਪ ਹੀ ਹੋਵੇ, ਤੇ ਕੋਈ ਸਾਕ ਸੈਣ ਭੀ ਨਾਹ ਹੋਵੇ, (ਅਜੇਹਾ ਨਿਥਾਵਾਂ ਹੁੰਦਿਆਂ ਭੀ) ਜੇ ਉਸ ਦਾ ਮਨ ਪ੍ਰਭੂ ਦੇ ਨਾਮ ਵਿਚ ਭਿੱਜਾ ਹੋਇਆ ਹੈ ਤਾਂ ਉਸ ਨੂੰ ਸਾਰੀ ਧਰਤੀ ਦਾ ਰਾਜਾ ਸਮਝੋ । ਉਸ ਮਨੁੱਖ ਦੇ ਚਰਨਾਂ ਦੀ ਧੂੜੀ ਲੈ ਕੇ ਮਨ ਵਿਕਾਰਾਂ ਤੋਂ ਬਚਦਾ ਹੈ ਅਤੇ ਪਰਮਾਤਮਾ ਪਰਸੰਨ ਹੁੰਦਾ ਹੈ ।੭।

ਸਲੋਕ ॥ ਅਨਿਕ ਲੀਲਾ ਰਾਜ ਰਸ ਰੂਪੰ ਛਤ੍ਰ ਚਮਰ ਤਖਤ ਆਸਨੰ ॥ ਰਚੰਤਿ ਮੂੜ ਅਗਿਆਨ ਅੰਧਹ ਨਾਨਕ ਸੁਪਨ ਮਨੋਰਥ ਮਾਇਆ ॥੧॥ ਸੁਪਨੈ ਹਭਿ ਰੰਗ ਮਾਣਿਆ ਮਿਠਾ ਲਗੜਾ ਮੋਹੁ ॥ ਨਾਨਕ ਨਾਮ ਵਿਹੂਣੀਆ ਸੁੰਦਰਿ ਮਾਇਆ ਧ੍ਰੋਹੁ ॥੨॥ {ਪੰਨਾ ੭੦੭}

ਪਦ ਅਰਥ :—ਲੀਲਾ—ਚੋਜ ਤਮਾਸ਼ੇ । ਰਾਜ ਰਸ—ਰਾਜ ਦੀਆਂ ਮੌਜਾਂ । ਰੂਪ—ਸੁੰਦਰਤਾ । ਛਤ੍ਰ—(ਸਿਰ ਤੇ) ਛਤਰ । ਚਮਰ—ਚਉਰ । ਤਖਤ ਆਸਨੰ—ਬੈਠਣ ਨੂੰ ਸ਼ਾਹੀ ਤਖ਼ਤ । ਮੂੜ—ਮੂਰਖ । ਅੰਧਹ—ਅੰਨੇ । ਮਨੋਰਥ—{ਮਨੋ+ਰਥ} ਮਨ ਦੀਆਂ ਦੌੜਾਂ, ਮਨ-ਬਾਂਛਤ ਪਦਾਰਥ ੧।

ਹਭਿ—ਸਾਰੇ । ਸੁੰਦਰਿ ਮਾਇਆ—ਸੋਹਣੀ ਮਾਇਆ । ਧ੍ਰੋਹੁ—ਛਲ, ਧੋਖਾ ।੨।

ਅਰਥ :—ਅਨੇਕਾਂ ਚੋਜ ਤਮਾਸ਼ੇ, ਰਾਜ ਦੀਆਂ ਮੌਜਾਂ, ਸੁੰਦਰਤਾ, (ਸਿਰ ਤੇ) ਛਤਰ ਚਉਰ, ਤੇ ਬੈਠਣ ਨੂੰ ਸ਼ਾਹੀ ਤਖ਼ਤ—ਇਹਨਾਂ ਪਦਾਰਥਾਂ ਵਿਚ, ਹੇ ਨਾਨਕ! ਅੰਨ੍ਹੇ ਮੂਰਖ ਅਗਿਆਨੀ ਬੰਦੇ ਹੀ ਮਸਤ ਹੁੰਦੇ ਹਨ, ਮਾਇਆ ਦੇ ਇਹ ਕੌਤਕ ਤਾਂ ਸੁਪਨੇ ਦੀਆਂ ਚੀਜ਼ਾਂ (ਸਮਾਨ) ਹਨ ।੧।

ਹੇ ਨਾਨਕ! ਜੇ ਪ੍ਰਭੂ ਦੇ ਨਾਮ ਤੋਂ ਵਾਂਜੇ ਰਹੇ ਤਾਂ ਸੋਹਣੀ ਮਾਇਆ ਧੋਖਾ ਹੀ ਹੈ (ਇਹ ਇਉਂ ਹੈ ਜਿਵੇਂ) ਸੁਪਨੇ ਵਿਚ ਸਾਰੀਆਂ ਮੌਜਾਂ ਮਾਣੀਆਂ, ਉਹਨਾਂ ਦੇ ਮੋਹ ਨੇ ਖਿੱਚ ਪਾ ਲਈ (ਪਰ ਜਦੋਂ ਜਾਗ ਆਈ ਤਾਂ ਪੱਲੇ ਕੁਝ ਭੀ ਨਾਹ ਰਿਹਾ) ।੨।

ਪਉੜੀ ॥ ਸੁਪਨੇ ਸੇਤੀ ਚਿਤੁ ਮੂਰਖਿ ਲਾਇਆ ॥ ਬਿਸਰੇ ਰਾਜ ਰਸ ਭੋਗ ਜਾਗਤ ਭਖਲਾਇਆ ॥ ਆਰਜਾ ਗਈ ਵਿਹਾਇ ਧੰਧੈ ਧਾਇਆ ॥ ਪੂਰਨ ਭਏ ਨ ਕਾਮ ਮੋਹਿਆ ਮਾਇਆ ॥ ਕਿਆ ਵੇਚਾਰਾ ਜੰਤੁ ਜਾ ਆਪਿ ਭੁਲਾਇਆ ॥੮॥ {ਪੰਨਾ ੭੦੭}

ਪਦ ਅਰਥ :—ਸੇਤੀ—ਨਾਲ । ਮੂਰਖਿ—ਮੂਰਖ ਨੇ । ਜਾਗਤ—ਜਾਗਦਾ ਹੀ । ਭਖਲਾਇਆ—ਬਰੜਾਉਂਦਾ ਹੈ । ਆਰਜਾ—ਉਮਰ । ਧੰਧੈ—ਧੰਧੇ ਵਿਚ । ਧਾਇਆ—ਭਟਕਦਾ ਫਿਰਦਾ ਹੈ । ਪੂਰਨ ਭਏ ਨ—ਮੁੱਕਦੇ ਨਹੀਂ, ਸਿਰੇ ਨਹੀਂ ਚੜ੍ਹਦੇ ।

ਅਰਥ :—ਮੂਰਖ ਮਨੁੱਖ ਨੇ ਸੁਪਨੇ ਨਾਲ ਪਿਆਰ ਪਾਇਆ ਹੋਇਆ ਹੈ । ਇਸ ਰਾਜ ਤੇ ਰਸਾਂ ਦੇ ਭੋਗਾਂ ਵਿਚ ਪ੍ਰਭੂ ਨੂੰ ਵਿਸਾਰ ਕੇ ਜਾਗਦਾ ਹੀ ਬਰੜਾ ਰਿਹਾ

ਹੈ । ਦੁਨੀਆ ਦੇ ਧੰਧੇ ਵਿਚ ਭਟਕਦੇ ਦੀ ਸਾਰੀ ਹੀ ਉਮਰ ਬੀਤ ਜਾਂਦੀ ਹੈ, ਪਰ ਮਾਇਆ ਵਿਚ ਮੋਹੇ ਹੋਏ ਦੇ ਕੰਮ ਮੁੱਕਣ ਵਿਚ ਨਹੀਂ ਆਉਂਦੇ । ਵਿਚਾਰੇ ਜੀਵ ਦੇ ਭੀ ਕੀ ਵੱਸ? ਉਸ ਪ੍ਰਭੂ ਨੇ ਆਪ ਹੀ ਇਸ ਨੂੰ ਭੁਲੇਖੇ ਵਿਚ ਪਾਇਆ ਹੋਇਆ ਹੈ ।੮।

ਸਲੋਕ ॥ ਬਸੰਤਿ ਸ੍ਵਰਗ ਲੋਕਹ ਜਿਤਤੇ ਪ੍ਰਿਥਵੀ ਨਵ ਖੰਡਣਹ ॥ ਬਿਸਰੰਤ ਹਰਿ ਗੋਪਾਲਹ ਨਾਨਕ ਤੇ ਪ੍ਰਾਣੀ ਉਦਿਆਨ ਭਰਮਣਹ ॥੧॥ ਕਉਤਕ ਕੋਡ ਤਮਾਸਿਆ ਚਿਤਿ ਨ ਆਵਸੁ ਨਾਉ ॥ ਨਾਨਕ ਕੋੜੀ ਨਰਕ ਬਰਾਬਰੇ ਉਜੜੁ ਸੋਈ ਥਾਉ ॥੨॥ {ਪੰਨਾ ੭੦੭}

ਪਦ ਅਰਥ :—ਬਸੰਤਿ—ਵੱਸਦੇ ਹੋਣ । ਸ੍ਵਰਗ ਲੋਕਹ—ਸੁਰਗ ਵਰਗੇ ਦੇਸਾਂ ਵਿਚ । ਜਿਤਤੇ—ਜਿੱਤ ਲੈਣ । ਨਵ ਖੰਡਣਹ ਪ੍ਰਿਥਮੀ—ਨੌ ਖੰਡਾਂ ਵਾਲੀ ਧਰਤੀ, ਸਾਰੀ ਧਰਤੀ । ਗੋਪਾਲ—{ਗੋ+ਪਾਲ} ਧਰਤੀ ਦਾ ਰੱਖਕ । ਉਦਿਆਨ—ਜੰਗਲ ।੧।

ਕਉਤਕ—ਖੇਲ, ਚੋਜ । ਕੋਡ—ਕ੍ਰੋੜਾਂ । ਚਿਤਿ—ਚਿੱਤ ਵਿਚ । ਨ ਆਵਸੁ—ਜੇ ਉਸ ਨੂੰ ਨਾਹ ਆਵੇ । ਕੋੜੀ ਨਰਕ—ਘੋਰ ਭਿਆਨਕ ਨਰਕ । ਉਜੜੁ—ਉਜੜਿਆ ਹੋਇਆ, ਉਜਾੜ ।੨।

ਅਰਥ :—ਜੇ ਸੁਰਗ ਵਰਗੇ ਦੇਸ ਵਿਚ ਵੱਸਦੇ ਹੋਣ, ਜੇ ਸਾਰੀ ਧਰਤੀ ਨੂੰ ਜਿੱਤ ਲੈਣ, ਪਰ, ਹੇ ਨਾਨਕ! ਜੇ ਜਗਤ ਦੇ ਰੱਖਕ ਪ੍ਰਭੂ ਨੂੰ ਵਿਸਾਰ ਦੇਣ, ਤਾਂ ਉਹ ਮਨੁੱਖ (ਮਾਨੋ) ਜੰਗਲ ਵਿਚ ਭਟਕ ਰਹੇ ਹਨ ।੧।

ਜਗਤ ਦੇ ਕ੍ਰੋੜਾਂ ਚੋਜ ਤਮਾਸ਼ਿਆਂ ਦੇ ਕਾਰਨ ਜੇ ਪ੍ਰਭੂ ਦਾ ਨਾਮ ਚਿੱਤ ਵਿਚ (ਯਾਦ) ਨਾਹ ਰਹੇ, ਤਾਂ ਹੇ ਨਾਨਕ! ਉਹ ਥਾਂ ਉਜਾੜ ਸਮਝੋ, ਉਹ ਥਾਂ ਭਿਆਨਕ ਨਰਕ ਦੇ ਬਰਾਬਰ ਹੈ ।੨।

ਪਉੜੀ ॥ ਮਹਾ ਭਇਆਨ ਉਦਿਆਨ ਨਗਰ ਕਰਿ ਮਾਨਿਆ ॥ ਝੂਠ ਸਮਗ੍ਰੀ ਪੇਖਿ ਸਚੁ ਕਰਿ ਜਾਨਿਆ ॥ ਕਾਮ ਕ੍ਰੋਧਿ ਅਹੰਕਾਰਿ ਫਿਰਹਿ ਦੇਵਾਨਿਆ ॥ ਸਿਰਿ ਲਗਾ ਜਮ ਡੰਡੁ ਤਾ ਪਛੁਤਾਨਿਆ ॥ ਬਿਨੁ ਪੂਰੇ ਗੁਰਦੇਵ ਫਿਰੈ ਸੈਤਾਨਿਆ ॥੯॥ {ਪੰਨਾ ੭੦੭}

ਪਦ ਅਰਥ :—ਮਹਾ ਭਇਆਨ—ਬੜਾ ਡਰਾਉਣਾ । ਉਦਿਆਨ—ਜੰਗਲ । ਨਗਰ—ਸ਼ਹਿਰ । ਸਮਗ੍ਰੀ—ਪਦਾਰਥ । ਝੂਠ—ਨਾਸ ਹੋ ਜਾਣ ਵਾਲੇ । ਪੇਖਿ—ਵੇਖ ਕੇ । ਸਚੁ—ਸਦਾ-ਥਿਰ ਰਹਿਣ ਵਾਲੇ । ਕ੍ਰੋਧਿ—ਕ੍ਰੋਧ ਵਿਚ । ਦੇਵਾਨਿਆ—ਪਾਗਲ, ਝੱਲੇ । ਸਿਰਿ—ਸਿਰ ਉੱਤੇ ।

ਅਰਥ :—ਬੜੇ ਡਰਾਉਣੇ ਜੰਗਲ ਨੂੰ ਜੀਵਾਂ ਨੇ ਸ਼ਹਿਰ ਕਰ ਕੇ ਮੰਨ ਲਿਆ ਹੈ, ਇਹਨਾਂ ਨਾਸਵੰਤ ਪਦਾਰਥਾਂ ਨੂੰ ਵੇਖ ਕੇ ਸਦਾ ਟਿਕੇ ਰਹਿਣ ਵਾਲੇ ਸਮਝ ਲਿਆ ਹੈ । (ਇਸ ਵਾਸਤੇ ਇਹਨਾਂ ਦੀ ਖ਼ਾਤਰ) ਕਾਮ ਵਿਚ ਕ੍ਰੋਧ ਵਿਚ ਅਹੰਕਾਰ ਵਿਚ ਝੱਲੇ ਹੋਏ ਫਿਰਦੇ ਹਨ, ਜਦੋਂ ਮੌਤ ਦਾ ਡੰਡਾ ਸਿਰ ਤੇ ਆ ਵੱਜਦਾ ਹੈ, ਤਦੋਂ ਪਛੁਤਾਉਂਦੇ ਹਨ । (ਹੇ ਭਾਈ! ਮਨੁੱਖ) ਪੂਰੇ ਗੁਰੂ ਦੀ ਸਰਨ ਤੋਂ ਬਿਨਾ ਸ਼ੈਤਾਨ ਵਾਂਗ ਫਿਰਦਾ ਹੈ ।੯।

ਸਲੋਕ ॥ ਰਾਜ ਕਪਟੰ ਰੂਪ ਕਪਟੰ ਧਨ ਕਪਟੰ ਕੁਲ ਗਰਬਤਹ ॥ ਸੰਚੰਤਿ ਬਿਖਿਆ ਛਲੰ ਛਿਦ੍ਰੰ ਨਾਨਕ ਬਿਨੁ ਹਰਿ ਸੰਗਿ ਨ ਚਾਲਤੇ ॥੧॥ ਪੇਖੰਦੜੋ ਕੀ ਭੁਲੁ ਤੁੰਮਾ ਦਿਸਮੁ ਸੋਹਣਾ ॥ ਅਢੁ ਨ ਲਹੰਦੜੋ ਮੁਲੁ ਨਾਨਕ ਸਾਥਿ ਨ ਜੁਲਈ ਮਾਇਆ ॥੨॥ {ਪੰਨਾ ੭੦੮}

ਪਦ ਅਰਥ :—ਕਪਟੰ—ਛਲ । ਗਰਬਤਹ—ਮਾਣ । ਸੰਚੰਤਿ—ਇਕੱਠੀ ਕਰਦੇ ਹਨ । ਬਿਖਿਆ—ਮਾਇਆ । ਛਿਦ੍ਰ—ਐਬ, ਦੋਸ ।੧।

ਪੇਖੰਦੜੋ—ਵੇਖਣ ਨੂੰ । ਦਿਸਮੁ—ਮੈਨੂੰ ਦਿੱਸਿਆ । ਅਢੁ—ਅੱਧੀ ਕੌਡੀ । ਨ ਜੁਲਈ—ਨਹੀਂ ਜਾਂਦੀ ।

ਅਰਥ :—ਹੇ ਨਾਨਕ! ਇਹ ਰਾਜ ਰੂਪ ਧਨ ਤੇ (ਉੱਚੀ) ਕੁਲ ਦਾ ਮਾਣ—ਸਭ ਛਲ-ਰੂਪ ਹੈ । ਜੀਵ ਛਲ ਕਰ ਕੇ ਦੂਜਿਆਂ ਤੇ ਦੂਸ਼ਣ ਲਾ ਲਾ ਕੇ (ਕਈ ਢੰਗਾਂ ਨਾਲ) ਮਾਇਆ ਜੋੜਦੇ ਹਨ, ਪਰ ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਭੀ ਚੀਜ਼ ਏਥੋਂ ਨਾਲ ਨਹੀਂ ਜਾਂਦੀ ।੨।

ਤੁੰਮਾ ਵੇਖਣ ਨੂੰ ਮੈਨੂੰ ਸੋਹਣਾ ਦਿੱਸਿਆ । ਕੀ ਇਹ ਉਕਾਈ ਲੱਗ ਗਈ? ਇਸ ਦਾ ਤਾਂ ਅੱਧੀ ਕੌਡੀ ਭੀ ਮੁੱਲ ਨਹੀਂ ਮਿਲਦਾ । ਹੇ ਨਾਨਕ! (ਇਹੀ ਹਾਲ ਮਾਇਆ ਦਾ ਹੈ, ਜੀਵ ਦੇ ਭਾ ਦੀ ਤਾਂ ਇਹ ਭੀ ਕੌਡੀ ਮੁੱਲ ਦੀ ਨਹੀਂ ਹੁੰਦੀ ਕਿਉਂਕਿ ਏਥੋਂ ਤੁਰਨ ਵੇਲੇ) ਇਹ ਮਾਇਆ ਜੀਵ ਦੇ ਨਾਲ ਨਹੀਂ ਜਾਂਦੀ ।੨।

ਪਉੜੀ ॥ ਚਲਦਿਆ ਨਾਲਿ ਨ ਚਲੈ ਸੋ ਕਿਉ ਸੰਜੀਐ ॥ ਤਿਸ ਕਾ ਕਹੁ ਕਿਆ ਜਤਨੁ ਜਿਸ ਤੇ ਵੰਜੀਐ ॥ ਹਰਿ ਬਿਸਰਿਐ ਕਿਉ ਤ੍ਰਿਪਤਾਵੈ ਨਾ ਮਨੁ ਰੰਜੀਐ ॥ ਪ੍ਰਭੂ ਛੋਡਿ ਅਨ ਲਾਗੈ ਨਰਕਿ ਸਮੰਜੀਐ ॥ ਹੋਹੁ ਕ੍ਰਿਪਾਲ ਦਇਆਲ ਨਾਨਕ ਭਉ ਭੰਜੀਐ ॥੧੦॥ {ਪੰਨਾ ੭੦੮}

ਪਦ ਅਰਥ :—ਸੰਜੀਐ—ਇਕੱਠੀ ਕਰੀਏ । ਤਿਸ ਕਾ—ਉਸ ਦੀ ਖ਼ਾਤਰ । ਜਿਸ ਤੇ—ਜਿਸ ਤੋਂ । ਵੰਜੀਐ—ਵਾਂਜੇ ਜਾਣਾ ਹੈ, ਵਿਛੁੜ ਜਾਣਾ ਹੈ । ਕਿਉ ਤ੍ਰਿਪਤਾਵੈ—ਰੱਜ ਨਹੀਂ ਸਕਦਾ । ਰੰਜੀਐ—ਪ੍ਰਸੰਨ ਹੁੰਦਾ । ਅਨ—ਹੋਰ ਪਾਸੇ । ਨਰਕਿ—ਨਰਕ ਵਿਚ । ਸਮੰਜੀਐ—ਸਮਾਈਦਾ ਹੈ । ਨਾਨਕ ਭਉ—ਨਾਨਕ ਦਾ ਸਹਿਮ । ਭੰਜੀਐ—ਨਾਸ ਕਰ ।

ਅਰਥ :—ਉਸ ਮਾਇਆ ਨੂੰ ਇਕੱਠੀ ਕਰਨ ਦਾ ਕੀ ਲਾਭ, ਜੋ (ਜਗਤ ਤੋਂ ਤੁਰਨ ਵੇਲੇ) ਨਾਲ ਨਹੀਂ ਜਾਂਦੀ, ਜਿਸ ਤੋਂ ਆਖ਼ਰ ਵਿਛੁੜ ਹੀ ਜਾਣਾ ਹੈ, ਉਸ ਦੀ ਖ਼ਾਤਰ ਦੱਸੋ ਕੀਹ ਜਤਨ ਕਰਨਾ ਹੋਇਆ? ਪ੍ਰਭੂ ਨੂੰ ਵਿਸਾਰਿਆਂ (ਨਿਰੀ ਮਾਇਆ ਨਾਲ) ਰੱਜੀਦਾ ਭੀ ਨਹੀਂ ਤੇ ਨਾਹ ਹੀ ਮਨ ਪ੍ਰਸੰਨ ਹੁੰਦਾ ਹੈ । ਹੇ ਪ੍ਰਭੂ! ਕਿਰਪਾ ਕਰ, ਦਇਆ ਕਰ, ਨਾਨਕ ਦਾ ਸਹਿਮ ਦੂਰ ਕਰ ਦੇਹ ।੧੦।

ਸਲੋਕ ॥ ਨ ਚ ਰਾਜ ਸੁਖ ਮਿਸਟੰ ਨ ਚ ਭੋਗ ਰਸ ਮਿਸਟੰ ਨ ਚ ਮਿਸਟੰ ਸੁਖ ਮਾਇਆ ॥ ਮਿਸਟੰ ਸਾਧ ਸੰਗਿ ਹਰਿ ਨਾਨਕ ਦਾਸ ਮਿਸਟੰ ਪ੍ਰਭ ਦਰਸਨੰ ॥੧॥ ਲਗੜਾ ਸੋ ਨੇਹੁ ਮੰਨ ਮਝਾਹੂ ਰਤਿਆ ॥ ਵਿਧੜੋ ਸਚ ਥੋਕਿ ਨਾਨਕ ਮਿਠੜਾ ਸੋ ਧਣੀ ॥੨॥ {ਪੰਨਾ ੭੦੮}

ਪਦ ਅਰਥ :—ਚ—ਅਤੇ । ਨ ਚ—ਅਤੇ ਨਾਲ ਹੀ । ਮਿਸਟ—ਮਿੱਠਾ । ਰਸ—ਸੁਆਦ, ਚਸਕੇ । ਸਾਧ ਸੰਗਿ—ਸਾਧ ਸੰਗਤਿ ਵਿਚ । ਦਾਸ ਮਿਸਟੰ—

ਦਾਸਾਂ ਨੂੰ ਮਿੱਠਾ ਲੱਗਦਾ ਹੈ । ਪ੍ਰਭ ਦਰਸਨੰ—ਪ੍ਰਭੂ ਦਾ ਦੀਦਾਰ ।੧।

ਨੇਹੁ—ਪ੍ਰੇਮ । ਮਝਾਹੂ—ਅੰਦਰੋਂ । ਰਤਿਆ—ਰੰਗਿਆ ਗਿਆ ਹੈ । ਵਿਧੜੋ—ਵਿੱਝ ਗਿਆ ਹੈ । ਸਚ ਥੋਕਿ—ਸੱਚੇ ਨਾਮ-ਰੂਪ ਪਦਾਰਥ ਨਾਲ । ਧਣੀ—ਮਾਲਕ ਪ੍ਰਭੂ ।੨।

ਅਰਥ :—ਨਾਹ ਹੀ ਰਾਜ ਦੇ ਸੁਖ, ਨਾਹ ਹੀ ਭੋਗਾਂ ਦੇ ਚਸਕੇ ਅਤੇ ਨਾਹ ਹੀ ਮਾਇਆ ਦੀਆਂ ਮੌਜਾਂ—ਇਹ ਕੋਈ ਭੀ ਸੁਆਦਲੇ ਨਹੀਂ ਹਨ, ਹੇ ਨਾਨਕ! ਸਤਸੰਗ ਵਿਚੋਂ (ਮਿਲਿਆ) ਪ੍ਰਭੂ ਦਾ ਨਾਮ ਮਿੱਠਾ ਹੈ ਤੇ ਸੇਵਕਾਂ ਨੂੰ ਪ੍ਰਭੂ ਦਾ ਦੀਦਾਰ ਮਿੱਠਾ ਲੱਗਦਾ ਹੈ ।੧।

ਹੇ ਨਾਨਕ! ਜਿਸ ਮਨੁੱਖ ਨੂੰ ਉਹ ਪਿਆਰ ਲੱਗ ਜਾਏ ਜਿਸ ਨਾਲ ਅੰਦਰੋਂ ਮਨ (ਪ੍ਰਭੂ ਦੇ ਨਾਲ) ਰੰਗਿਆ ਜਾਏ, ਤੇ ਜਿਸ ਦਾ ਮਨ ਸੱਚੇ ਨਾਮ-ਰੂਪ ਪਦਾਰਥ (ਭਾਵ, ਮੋਤੀ) ਨਾਲ ਪ੍ਰੋਤਾ ਜਾਏ ਉਸ ਮਨੁੱਖ ਨੂੰ ਮਾਲਕ ਪ੍ਰਭੂ ਪਿਆਰਾ ਲੱਗਦਾ ਹੈ ।੨।

ਪਉੜੀ ॥ ਹਰਿ ਬਿਨੁ ਕਛੂ ਨ ਲਾਗਈ ਭਗਤਨ ਕਉ ਮੀਠਾ ॥ ਆਨ ਸੁਆਦ ਸਭਿ ਫੀਕਿਆ ਕਰਿ ਨਿਰਨਉ ਡੀਠਾ ॥ ਅਗਿਆਨੁ ਭਰਮੁ ਦੁਖੁ ਕਟਿਆ ਗੁਰ ਭਏ ਬਸੀਠਾ ॥ ਚਰਨ ਕਮਲ ਮਨੁ ਬੇਧਿਆ ਜਿਉ ਰੰਗੁ ਮਜੀਠਾ ॥ ਜੀਉ ਪ੍ਰਾਣ ਤਨੁ ਮਨੁ ਪ੍ਰਭੂ ਬਿਨਸੇ ਸਭਿ ਝੂਠਾ ॥੧੧॥ {ਪੰਨਾ ੭੦੮}

ਪਦ ਅਰਥ :—ਆਨ—ਹੋਰ । ਸਭਿ—ਸਾਰੇ । ਨਿਰਨਉ—ਨਿਰਨਾ, ਨਿਖੇੜਾ, ਪਰਖ । ਬਸੀਠਾ—ਵਕੀਲ, ਵਿਚੋਲਾ । ਚਰਨ ਕਮਲ—ਕੰਵਲ ਫੁੱਲਾਂ ਵਰਗੇ ਸੋਹਣੇ ਚਰਨ । ਬੇਧਿਆ—ਵਿੰਨ੍ਹਿਆ । ਜੀਉ—ਜਿੰਦ । ਸਭਿ—ਹੋਰ ਸਾਰੇ । ਕਛੂ—ਕੁਝ ਭੀ ।੧੧।

ਅਰਥ :—ਪਰਮਾਤਮਾ (ਦੇ ਨਾਮ) ਤੋਂ ਬਿਨਾ ਭਗਤਾਂ ਨੂੰ ਹੋਰ ਕੋਈ ਚੀਜ਼ ਮਿੱਠੀ ਨਹੀਂ ਲੱਗਦੀ । ਉਹਨਾਂ ਨੇ ਖੋਜ ਕੇ ਵੇਖ ਲਿਆ ਹੈ ਕਿ (ਨਾਮ ਤੋਂ ਬਿਨਾਂ) ਹੋਰ ਸਾਰੇ ਸੁਆਦ ਫਿੱਕੇ ਹਨ । ਸਤਿਗੁਰੂ (ਉਹਨਾਂ ਵਾਸਤੇ) ਵਕੀਲ ਬਣਿਆ ਤੇ (ਪ੍ਰਭੂ ਨੂੰ ਮਿਲਣ ਕਰ ਕੇ ਉਹਨਾਂ ਦਾ) ਅਗਿਆਨ ਭਟਕਣਾ ਤੇ ਦੁੱਖ ਸਭ ਕੁਝ ਦੂਰ ਹੋ ਗਿਆ ਹੈ । ਜਿਵੇਂ ਮਜੀਠ ਨਾਲ (ਕੱਪੜੇ ਤੇ ਪੱਕਾ) ਰੰਗ ਚੜ੍ਹਦਾ ਹੈ, ਤਿਵੇਂ ਉਹਨਾਂ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ (ਪੱਕੀ ਤਰ੍ਹਾਂ) ਵਿੱਝ ਜਾਂਦਾ ਹੈ । ਪ੍ਰਭੂ ਹੀ ਉਹਨਾਂ ਦੀ ਜਿੰਦ ਪ੍ਰਾਣ ਹੈ ਤੇ ਤਨ ਮਨ ਹੈ, ਹੋਰ ਨਾਸਵੰਤ ਪਿਆਰ ਉਹਨਾਂ ਦੇ ਅੰਦਰੋਂ ਨਾਸ ਹੋ ਗਏ ਹਨ ।੧੧।

ਸਲੋਕ ॥ ਤਿਅਕਤ ਜਲੰ ਨਹ ਜੀਵ ਮੀਨੰ ਨਹ ਤਿਆਗਿ ਚਾਤ੍ਰਿਕ ਮੇਘ ਮੰਡਲਹ ॥ ਬਾਣ ਬੇਧੰਚ ਕੁਰੰਕ ਨਾਦੰ ਅਲਿ ਬੰਧਨ ਕੁਸਮ ਬਾਸਨਹ ॥ ਚਰਨ ਕਮਲ ਰਚੰਤਿ ਸੰਤਹ ਨਾਨਕ ਆਨ ਨ ਰੁਚਤੇ ॥੧॥ ਮੁਖੁ ਡੇਖਾਊ ਪਲਕ, ਛਡਿ ਆਨ ਨ ਡੇਊ ਚਿਤੁ ॥ ਜੀਵਣ ਸੰਗਮੁ ਤਿਸੁ ਧਣੀ ਹਰਿ ਨਾਨਕ ਸੰਤਾਂ ਮਿਤੁ ॥੨॥ {ਪੰਨਾ ੭੦੮}

ਪਦ ਅਰਥ :—ਤਿਅਕਤ—ਤਿਆਗਿਆਂ, ਛੱਡਿਆਂ । ਮੀਨ—ਮੱਛੀ । ਤਿਆਗਿ—ਤਿਆਗ ਕੇ । ਚਾਤ੍ਰਿਕ—ਪਪੀਹਾ । ਮੰਡਲ—ਹਲਕਾ, ਇਲਾਕਾ । ਬੇਧੰ—ਵਿੰਨ੍ਹਿਆ ਜਾਂਦਾ ਹੈ । ਚ—ਅਤੇ । ਕੁਰੰਕ—ਹਰਨ । ਨਾਦੰ—ਰਾਗ । ਅਲਿ—ਭੌਰਾ । ਕੁਸਮ—ਫੁੱਲ । ਬਾਸਨਹ—ਸੁਗੰਧੀ । ਆਨ—ਕੋਈ ਹੋਰ । ਰੁਚਤੇ—ਪਸੰਦ ਆਉਂਦਾ, ਭਾਉਂਦਾ ।੧।

ਡੇਖਾਊ—ਮੈਂ ਵੇਖਾਂ । ਪਲਕ—ਅੱਖ ਫਰਕਣ ਦੇ ਸਮੇ ਲਈ । ਛਡਿ—ਛੱਡ ਕੇ । ਡੇਊ—ਮੈਂ ਦਿਆਂ । ਜੀਵਣ ਸੰਗਮੁ—ਜੀਊਣ ਦਾ ਸੰਗਮ, ਜੀਊਣ ਦਾ ਜੋੜ । ਧਣੀ—ਮਾਲਕ ।੨।

ਅਰਥ :—ਪਾਣੀ ਨੂੰ ਛੱਡ ਕੇ ਮੱਛੀ ਜੀਊ ਨਹੀਂ ਸਕਦੀ, ਬੱਦਲਾਂ ਦੇ ਦੇਸ ਨੂੰ ਛੱਡ ਕੇ ਪਪੀਹਾ ਨਹੀਂ ਜੀਊ ਸਕਦਾ, ਹਰਨ ਰਾਗ ਦੇ ਤੀਰ ਨਾਲ ਵਿੰਨ੍ਹਿਆ ਜਾਂਦਾ ਹੈ ਤੇ ਫੁੱਲਾਂ ਦੀ ਸੁਗੰਧੀ ਭੌਰੇ ਦੇ ਬੱਝਣ ਦਾ ਕਾਰਨ ਬਣ ਜਾਂਦੀ ਹੈ । ਇਸੇ ਤਰ੍ਹਾਂ, ਹੇ ਨਾਨਕ! ਸੰਤ ਪ੍ਰਭੂ ਦੇ ਚਰਨ ਕਮਲਾਂ ਵਿਚ ਮਸਤ ਰਹਿੰਦੇ ਹਨ, ਪ੍ਰਭੂ-ਚਰਨਾਂ ਤੋਂ ਬਿਨਾ ਉਹਨਾਂ ਨੂੰ ਹੋਰ ਕੁਝ ਨਹੀਂ ਭਾਉਂਦਾ ।੧।

ਜੇ ਇਕ ਪਲਕ ਮਾਤ੍ਰ ਹੀ ਮੈਂ ਤੇਰਾ ਮੁਖ ਵੇਖ ਲਵਾਂ, ਤਾਂ ਤੈਨੂੰ ਛੱਡ ਕੇ ਮੈਂ ਕਿਸੇ ਹੋਰ ਪਾਸੇ ਚਿੱਤ (ਦੀ ਪ੍ਰੀਤ) ਨਾਹ ਜੋੜਾਂ । ਹੇ ਨਾਨਕ! ਜੀਊਣ ਦਾ ਜੋੜ ਉਸ ਮਾਲਕ-ਪ੍ਰਭੂ ਨਾਲ ਹੀ ਹੋ ਸਕਦਾ ਹੈ, ਉਹ ਪ੍ਰਭੂ ਸੰਤਾਂ ਦਾ ਮਿੱਤਰ ਹੈ ।੨।

ਪਉੜੀ ॥ ਜਿਉ ਮਛੁਲੀ ਬਿਨੁ ਪਾਣੀਐ ਕਿਉ ਜੀਵਣੁ ਪਾਵੈ ॥ ਬੂੰਦ ਵਿਹੂਣਾ ਚਾਤ੍ਰਿਕੋ ਕਿਉ ਕਰਿ ਤ੍ਰਿਪਤਾਵੈ ॥ ਨਾਦ ਕੁਰੰਕਹਿ ਬੇਧਿਆ ਸਨਮੁਖ ਉਠਿ ਧਾਵੈ ॥ ਭਵਰੁ ਲੋਭੀ ਕੁਸਮ ਬਾਸੁ ਕਾ ਮਿਲਿ ਆਪੁ ਬੰਧਾਵੈ ॥ ਤਿਉ ਸੰਤ ਜਨਾ ਹਰਿ ਪ੍ਰੀਤਿ ਹੈ ਦੇਖਿ ਦਰਸੁ ਅਘਾਵੈ ॥੧੨॥ {ਪੰਨਾ ੭੦੮}

ਪਦ ਅਰਥ :—ਬੂੰਦ—ਮੀਂਹ ਦੀ ਕਣੀ । ਕੁਰੰਕਹਿ—ਹਰਨ ਨੂੰ । ਬੇਧਿਆ—ਵਿੰਨ੍ਹ ਲੈਂਦਾ ਹੈ । ਸਨਮੁਖ—ਨਾਦ ਦੇ ਸਾਹਮਣੇ, ਉਸ ਪਾਸੇ ਵਲ ਜਿਧਰੋਂ ਘੰਡੇਹੇੜੇ ਦੀ ਆਵਾਜ਼ ਆਉਂਦੀ ਹੈ । ਕੁਸਮ—ਫੁੱਲ । ਬਾਸੁ—ਸੁਗੰਧੀ । ਆਪੁ—ਆਪਣੇ ਆਪ ਨੂੰ । ਅਘਾਵੈ—ਰੱਜ ਜਾਂਦੇ ਹਨ । ਚਾਤ੍ਰਿਕੁ—ਪਪੀਹਾ । ਨਾਦ—ਆਵਾਜ਼ {ਹਰਨ ਨੂੰ ਫੜਨ ਲਈ ਘੜੇ ਨੂੰ ਖੱਲ ਨਾਲ ਮੜ੍ਹ ਕੇ ਉਸ ਵਿਚੋਂ ਆਵਾਜ਼ ਕੱਢਦੇ ਹਨ । ਇਹ ਆਵਾਜ਼ ਹਰਨ ਨੂੰ ਪਿਆਰੀ ਲੱਗਦੀ ਹੈ । ਜਿਧਰੋਂ ਇਹ ਆਵਾਜ਼ ਆਉਂਦੀ ਹੈ, ਉਧਰ ਤੁਰ ਪੈਂਦਾ ਹੈ} ।੧੨।

ਅਰਥ :—ਜਿਵੇਂ ਮੱਛੀ ਪਾਣੀ ਤੋਂ ਬਿਨਾ ਜੀਊ ਨਹੀਂ ਸਕਦੀ, ਜਿਵੇਂ ਮੀਂਹ ਦੀ ਕਣੀ ਤੋਂ ਬਿਨਾ ਪਪੀਹਾ ਰੱਜ ਨਹੀਂ ਸਕਦਾ, ਜਿਵੇਂ, (ਘੰਡੇਹੇੜੇ ਦੀ) ਆਵਾਜ਼ ਹਰਨ ਨੂੰ ਮੋਹ ਲੈਂਦੀ ਹੈ, ਉਹ ਓਧਰ ਹੀ ਉੱਠ ਦੌੜਦਾ ਹੈ, ਜਿਵੇਂ, ਭੌਰਾ ਫੁੱਲ ਦੀ ਸੁਗੰਧੀ ਦਾ ਆਸ਼ਕ ਹੁੰਦਾ ਹੈ, (ਫੁੱਲ ਨਾਲ) ਮਿਲ ਕੇ ਆਪਣੇ ਆਪ ਨੂੰ ਫਸਾ ਲੈਂਦਾ ਹੈ । ਤਿਵੇਂ, ਸੰਤਾਂ ਨੂੰ ਪ੍ਰਭੂ ਨਾਲ ਪ੍ਰੇਮ ਹੁੰਦਾ ਹੈ, ਪ੍ਰਭੂ ਦਾ ਦੀਦਾਰ ਕਰ ਕੇ ਉਹ ਰੱਜ ਜਾਂਦੇ ਹਨ ।੧੨।

ਸਲੋਕ ॥ ਚਿਤਵੰਤਿ ਚਰਨ ਕਮਲੰ ਸਾਸਿ ਸਾਸਿ ਅਰਾਧਨਹ ॥ ਨਹ ਬਿਸਰੰਤਿ ਨਾਮ ਅਚੁਤ ਨਾਨਕ ਆਸ ਪੂਰਨ ਪਰਮੇਸੁਰਹ ॥੧॥ ਸੀਤੜਾ ਮੰਨ ਮੰਝਾਹਿ ਪਲਕ ਨ ਥੀਵੈ ਬਾਹਰਾ ॥ ਨਾਨਕ ਆਸੜੀ ਨਿਬਾਹਿ ਸਦਾ ਪੇਖੰਦੋ ਸਚੁ ਧਣੀ ॥੨॥ {ਪੰਨਾ ੭੦੮}

ਪਦ ਅਰਥ :—ਚਿਤਵੰਤਿ—ਚੇਤੇ ਕਰਦੇ ਹਨ, ਧਿਆਨ ਧਰਦੇ ਹਨ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਅਰਾਧਨਹ—ਯਾਦ ਕਰਦੇ ਹਨ । ਅਚੁਤ—

{ਅ+ਚਯੁਤ, ਇਸ ਲਫ਼ਜ਼ ਦਾ ਉਚਾਰਨ ਕਰਨ ਵੇਲੇ 'ਅੱਚ' ਨੂੰ 'ਅਧਕ' (ੱ) ਨਾਲ ਪੜ੍ਹਨਾ ਹੈ, ਤਾਂਕਿ ਉਚਾਰਨ ਦਾ ਜ਼ੋਰ ਪਹਿਲੇ ਹਿੱਸੇ ਤੇ ਰਹੇ । ਚਯੁ—ਨਾਸ ਹੋਣਾ । ਚਯੁਤ—ਨਾਸ ਹੋ ਜਾਣ ਵਾਲਾ} ਨਾਹ ਨਾਸ ਹੋਣ ਵਾਲਾ ।੧।

ਮੰਨ ਮੰਝਾਹਿ—ਮਨ ਵਿਚ । ਨ ਥੀਵੈ—ਨਹੀਂ ਹੁੰਦਾ । ਬਾਹਰਾ—ਜੁਦਾ । ਸਚੁ ਧਣੀ—ਸੱਚਾ ਮਾਲਕ ।

ਅਰਥ :—ਜੋ ਮਨੁੱਖ ਪ੍ਰਭੂ ਦੇ ਚਰਨ ਕਮਲਾਂ ਦਾ ਧਿਆਨ ਧਰਦੇ ਹਨ ਤੇ ਸੁਆਸ ਸੁਆਸ ਉਸ ਦਾ ਸਿਮਰਨ ਕਰਦੇ ਹਨ, ਜੋ ਅਬਿਨਾਸੀ ਪ੍ਰਭੂ ਦਾ ਨਾਮ ਕਦੇ ਭੁਲਾਉਂਦੇ ਨਹੀਂ, ਹੇ ਨਾਨਕ! ਪਰਮੇਸਰ ਉਹਨਾਂ ਦੀਆਂ ਆਸਾਂ ਪੂਰੀਆਂ ਕਰਦਾ ਹੈ ।੧।

ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪ੍ਰਭੂ (ਸਦਾ) ਪ੍ਰੋਤਾ ਰਹਿੰਦਾ ਹੈ, ਜਿਨ੍ਹਾਂ ਤੋਂ ਇਕ ਖਿਨ ਲਈ ਭੀ ਜੁਦਾ ਨਹੀਂ ਹੁੰਦਾ, ਹੇ ਨਾਨਕ! ਉਹਨਾਂ ਦੀਆਂ ਉਹ ਸੱਚਾ ਮਾਲਕ ਆਸਾਂ ਪੂਰੀਆਂ ਕਰਦਾ ਹੈ ਤੇ ਸਦਾ ਉਹਨਾਂ ਦੀ ਸੰਭਾਲ ਕਰਦਾ ਹੈ ।੨।

ਪਉੜੀ ॥ ਆਸਾਵੰਤੀ ਆਸ ਗੁਸਾਈ ਪੂਰੀਐ ॥ ਮਿਲਿ ਗੋਪਾਲ ਗੋਬਿੰਦ ਨ ਕਬਹੂ ਝੂਰੀਐ ॥ ਦੇਹੁ ਦਰਸੁ ਮਨਿ ਚਾਉ ਲਹਿ ਜਾਹਿ ਵਿਸੂਰੀਐ ॥ ਹੋਇ ਪਵਿਤ੍ਰ ਸਰੀਰੁ ਚਰਨਾ ਧੂਰੀਐ ॥ ਪਾਰਬ੍ਰਹਮ ਗੁਰਦੇਵ ਸਦਾ ਹਜੂਰੀਐ ॥੧੩॥ {ਪੰਨਾ ੭੦੮}

ਪਦ ਅਰਥ :—ਆਸਾਵੰਤੀ—ਆਸਵੰਤ, ਜਿਸ ਨੇ ਆਸ ਲਾਈ ਹੋਈ ਹੈ । ਗੁਸਾਈ—ਹੇ (ਗੋ+ਸਾਂਈ) ਧਰਤੀ ਦੇ ਮਾਲਕ! ਪੂਰੀਐ—ਪੂਰੀ ਕਰ । ਗੋਪਾਲ—ਹੇ (ਗੋ+ਪਾਲ) ਧਰਤੀ ਦੇ ਰੱਖਕ! ਨ ਝੂਰੀਐ—ਤੌਖਲਾ ਨਾਹ ਕਰਾਂ । ਮਨਿ—ਮਨ ਵਿਚ । ਵਿਸੂਰੀਐ—ਵਿਸੂਰੇ, ਝੋਰੇ ।

ਅਰਥ :—ਹੇ ਧਰਤੀ ਦੇ ਖਸਮ! ਹੇ ਧਰਤੀ ਦੇ ਰੱਖਕ! ਹੇ ਗੋਬਿੰਦ! ਮੈਂ ਆਸਵੰਤ ਦੀ ਆਸ ਪੂਰੀ ਕਰ, ਮੈਨੂੰ ਮਿਲ, ਤਾਕਿ ਮੈਂ ਕਦੇ ਤੌਖ਼ਲੇ ਨਾਹ ਕਰਾਂ । ਮੇਰੇ ਮਨ ਵਿਚ ਖਿੱਚ ਹੈ, ਮੈਨੂੰ ਦੀਦਾਰ ਦੇਹ ਤੇ ਮੇਰੇ ਝੋਰੇ ਮਿਟ ਜਾਣ । ਤੇਰੇ ਪੈਰਾਂ ਦੀ ਖ਼ਾਕ ਨਾਲ ਮੇਰਾ ਸਰੀਰ ਪਵਿੱਤ੍ਰ ਹੋ ਜਾਏ । ਹੇ ਪ੍ਰਭੂ! ਹੇ ਗੁਰਦੇਵ! (ਮੇਹਰ ਕਰ) ਮੈਂ ਸਦਾ ਤੇਰੀ ਹਜ਼ੂਰੀ ਵਿਚ ਰਹਾਂ ।੧੩।

ਸਲੋਕ ॥ ਰਸਨਾ ਉਚਰੰਤਿ ਨਾਮੰ ਸ੍ਰਵਣੰ ਸੁਨੰਤਿ ਸਬਦ ਅੰਮ੍ਰਿਤਹ ॥ ਨਾਨਕ ਤਿਨ ਸਦ ਬਲਿਹਾਰੰ ਜਿਨਾ ਧਿਆਨੁ ਪਾਰਬ੍ਰਹਮਣਹ ॥੧॥ ਹਭਿ ਕੂੜਾਵੇ ਕੰਮ ਇਕਸੁ ਸਾਈ ਬਾਹਰੇ ॥ ਨਾਨਕ ਸੇਈ ਧੰਨੁ ਜਿਨਾ ਪਿਰਹੜੀ ਸਚ ਸਿਉ ॥੨॥ {ਪੰਨਾ ੭੦੯}

ਪਦ ਅਰਥ :—ਰਸਨਾ—ਜੀਭ । ਸਬਦ ਅੰਮ੍ਰਿਤਹ—ਪਵਿਤ੍ਰ ਸਬਦ, ਸਿਫ਼ਤਿ-ਸਾਲਾਹ ਦੀ ਪਵਿਤ੍ਰ ਬਾਣੀ । ਸ੍ਰਵਣ—ਕੰਨਾਂ ਨਾਲ । ਬਲਿਹਾਰ—ਸਦਕੇ ।੧।

ਹਭਿ—ਸਾਰੇ । ਕੂੜਾਵੇ—ਝੂਠੇ, ਵਿਅਰਥ, ਨਿਸਫਲ । ਸਾਈ—ਖਸਮ-ਪ੍ਰਭੂ । ਸੇਈ—ਉਹੀ ਮਨੁੱਖ । ਧੰਨੁ—ਭਾਗਾਂ ਵਾਲੇ ।੨।

ਅਰਥ :—ਜੋ ਮਨੁੱਖ ਜੀਭ ਨਾਲ ਪਾਰਬ੍ਰਹਮ ਦਾ ਨਾਮ ਉਚਾਰਦੇ ਹਨ, ਜੋ ਕੰਨਾਂ ਨਾਲ ਸਿਫ਼ਤਿ-ਸਾਲਾਹ ਦੀ ਪਵਿਤ੍ਰ ਬਾਣੀ ਸੁਣਦੇ ਹਨ ਤੇ ਜੋ ਪਾਰਬ੍ਰਹਮ ਦਾ ਧਿਆਨ (ਧਰਦੇ ਹਨ,) ਹੇ ਨਾਨਕ! ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਹਾਂ ।੧।

ਇਕ ਖਸਮ-ਪ੍ਰਭੂ ਦੀ ਯਾਦ ਤੋਂ ਬਿਨਾ ਹੋਰ ਸਾਰੇ ਹੀ ਕੰਮ ਵਿਅਰਥ ਹਨ (ਭਾਵ, ਜੇ ਖਸਮ ਸਾਂਈ ਨੂੰ ਭੁਲਾ ਦਿੱਤਾ ਤਾਂ....) । ਹੇ ਨਾਨਕ! ਸਿਰਫ਼ ਉਹੀ ਬੰਦੇ ਭਾਗਾਂ ਵਾਲੇ ਹਨ, ਜਿਨ੍ਹਾਂ ਦਾ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨਾਲ ਪਿਆਰ ਹੈ ।੨।

ਪਉੜੀ ॥ ਸਦ ਬਲਿਹਾਰੀ ਤਿਨਾ ਜਿ ਸੁਨਤੇ ਹਰਿ ਕਥਾ ॥ ਪੂਰੇ ਤੇ ਪਰਧਾਨ ਨਿਵਾਵਹਿ ਪ੍ਰਭ ਮਥਾ ॥ ਹਰਿ ਜਸੁ ਲਿਖਹਿ ਬੇਅੰਤ ਸੋਹਹਿ ਸੇ ਹਥਾ ॥ ਚਰਨ ਪੁਨੀਤ ਪਵਿਤ੍ਰ ਚਾਲਹਿ ਪ੍ਰਭ ਪਥਾ ॥ ਸੰਤਾਂ ਸੰਗਿ ਉਧਾਰੁ ਸਗਲਾ ਦੁਖੁ ਲਥਾ ॥੧੪॥ {ਪੰਨਾ ੭੦੯}

ਪਦ ਅਰਥ :—ਕਥਾ—ਗੱਲਾਂ । ਪਰਧਾਨ—ਸਭ ਤੋਂ ਚੰਗੇ । ਸੋਹਹਿ—ਸੋਹਣੇ ਲੱਗਦੇ ਹਨ । ਪੁਨੀਤ—ਪਵਿਤ੍ਰ । ਪਥਾ—ਰਾਹ (ਸੰ: ਪਥਿਨ) । ਸੰਗਿ—ਸੰਗਤਿ ਵਿਚ । ਉਧਾਰੁ—(ਦੁੱਖਾਂ ਤੋਂ) ਬਚਾਉ । ਜਿ—ਜੋ ਮਨੁੱਖ ।

ਅਰਥ :—ਮੈਂ ਉਹਨਾਂ ਬੰਦਿਆਂ ਤੋਂ ਸਦਾ ਕੁਰਬਾਨ ਜਾਂਦਾ ਹਾਂ ਜੋ ਪ੍ਰਭੂ ਦੀਆਂ ਗੱਲਾਂ ਸੁਣਦੇ ਹਨ । ਉਹ ਮਨੁੱਖ ਸਭ ਗੁਣਾਂ ਵਾਲੇ ਤੇ ਸਭ ਤੋਂ ਚੰਗੇ ਹਨ ਜੋ ਪ੍ਰਭੂ ਅੱਗੇ ਸਿਰ ਨਿਵਾਉਂਦੇ ਹਨ । (ਉਹਨਾਂ ਦੇ) ਉਹ ਹੱਥ ਸੋਹਣੇ ਲੱਗਦੇ ਹਨ ਜੋ ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਲਿਖਦੇ ਹਨ ਤੇ ਉਹ ਪੈਰ ਪਵਿੱਤ੍ਰ ਹਨ ਜੋ ਪ੍ਰਭੂ ਦੇ ਰਾਹ ਤੇ ਤੁਰਦੇ ਹਨ । (ਅਜੇਹੇ) ਸੰਤਾਂ ਦੀ ਸੰਗਤਿ ਵਿਚ (ਦੁੱਖ ਵਿਕਾਰਾਂ ਤੋਂ) ਬਚਾਉ ਹੋ ਜਾਂਦਾ ਹੈ, ਸਾਰਾ ਦੁੱਖ ਦੂਰ ਹੋ ਜਾਂਦਾ ਹੈ ।੧੪।

ਸਲੋਕੁ ॥ ਭਾਵੀ ਉਦੋਤ ਕਰਣੰ ਹਰਿ ਰਮਣੰ ਸੰਜੋਗ ਪੂਰਨਹ ॥ ਗੋਪਾਲ ਦਰਸ ਭੇਟੰ ਸਫਲ ਨਾਨਕ ਸੋ ਮਹੂਰਤਹ ॥੧॥ ਕੀਮ ਨ ਸਕਾ ਪਾਇ ਸੁਖ ਮਿਤੀ ਹੂ ਬਾਹਰੇ ॥ ਨਾਨਕ ਸਾ ਵੇਲੜੀ ਪਰਵਾਣੁ ਜਿਤੁ ਮਿਲੰਦੜੋ ਮਾ ਪਿਰੀ ॥੨॥ {ਪੰਨਾ ੭੦੯}

ਪਦ ਅਰਥ :—ਭਾਵੀ—ਜੋ ਕੁਝ ਜ਼ਰੂਰ ਵਰਤ ਕੇ ਰਹਿਣਾ ਹੈ, ਮੱਥੇ ਦੇ ਭਾਗ । ਉਦੋਤ—ਪਰਗਟ ਹੋਣਾ, ਉੱਘੜਨਾ । ਭਾਵੀ ਉਦੋਤ ਕਰਣੰ—ਮੱਥੇ ਦੇ ਲਿਖੇ ਲੇਖਾਂ ਦਾ ਉੱਘੜਨਾ । ਸੰਜੋਗ ਪੂਰਨਹ—ਪੂਰੇ ਸੰਜੋਗਾਂ ਨਾਲ । ਗੋਪਾਲ ਦਰਸ ਭੇਟੰ—ਜਗਤ ਦੇ ਰੱਖਕ ਪ੍ਰਭੂ ਦਾ ਦੀਦਾਰ ਹੋਣਾ । ਮਹੂਰਤਹ—ਮਹੂਰਤ, ਘੜੀ, ਸਮਾਂ । ਸਫਲ—ਸ+ਫਲ, ਬਰਕਤਿ ਵਾਲਾ ।੧।

ਕੀਮ—ਕੀਮਤ । ਮਿਤੀ—ਅੰਦਾਜ਼ਾ, ਲੇਖਾ, ਮਿਣਤੀ । ਮਿਤੀ ਹੂ ਬਾਹਰੇ—ਮਿਣਤੀ ਤੋਂ ਪਰੇ, ਅਮਿਣਵੇਂ । ਵੇਲੜੀ—ਸੋਹਣੀ ਘੜੀ । ਜਿਤੁ—ਜਿਸ ਘੜੀ ਵਿਚ । ਮਾ ਪਿਰੀ—ਮੇਰਾ ਪਿਆਰਾ ।੨।

ਅਰਥ :—ਹੇ ਨਾਨਕ! ਉਹ ਘੜੀ ਬਰਕਤਿ ਵਾਲੀ ਹੁੰਦੀ ਹੈ, ਜਦੋਂ ਪੂਰਨ ਸੰਜੋਗਾਂ ਨਾਲ ਮੱਥੇ ਦੇ ਲਿਖੇ ਲੇਖ ਉੱਘੜਦੇ ਹਨ, ਪ੍ਰਭੂ ਦਾ ਸਿਮਰਨ ਕਰੀਦਾ ਹੈ ਤੇ ਗੋਪਾਲ ਹਰੀ ਦਾ ਦੀਦਾਰ ਹੁੰਦਾ ਹੈ ।੧।

ਇਤਨੇ ਅਮਿਣਵੇਂ ਸੁਖ ਪ੍ਰਭੂ ਦੇਂਦਾ ਹੈ ਕਿ ਮੈਂ ਉਹਨਾਂ ਦਾ ਮੁੱਲ ਨਹੀਂ ਪਾ ਸਕਦਾ, (ਪਰ) ਹੇ ਨਾਨਕ! ਉਹੀ ਸੁਲੱਖਣੀ ਘੜੀ ਕਬੂਲ ਪੈਂਦੀ ਹੈ ਜਦੋਂ ਆਪਣਾ ਪਿਆਰਾ ਪ੍ਰਭੂ ਮਿਲ ਪਏ ।੨।

ਪਉੜੀ ॥ ਸਾ ਵੇਲਾ ਕਹੁ ਕਉਣੁ ਹੈ ਜਿਤੁ ਪ੍ਰਭ ਕਉ ਪਾਈ ॥ ਸੋ ਮੂਰਤੁ ਭਲਾ ਸੰਜੋਗੁ ਹੈ ਜਿਤੁ ਮਿਲੈ ਗੁਸਾਈ ॥ ਆਠ ਪਹਰ ਹਰਿ ਧਿਆਇ ਕੈ ਮਨ ਇਛ ਪੁਜਾਈ ॥ ਵਡੈ ਭਾਗਿ ਸਤਸੰਗੁ ਹੋਇ ਨਿਵਿ ਲਾਗਾ ਪਾਈ ॥ ਮਨਿ ਦਰਸਨ ਕੀ ਪਿਆਸ ਹੈ ਨਾਨਕ ਬਲਿ ਜਾਈ ॥੧੫॥ {ਪੰਨਾ ੭੦੯}

ਪਦ ਅਰਥ :—ਸਾ...ਹੈ—ਉਹ ਕੇਹੜਾ ਵੇਲਾ ਹੋਵੇ? (ਭਾਵ, ਉਹ ਵੇਲਾ ਛੇਤੀ ਆਵੇ) । ਜਿਤੁ—ਜਿਸ ਵੇਲੇ । ਮੂਰਤੁ—ਮੁਹੂਰਤ, ਸਾਹਾ । ਸੰਜੋਗੁ—ਮਿਲਣ ਦਾ ਸਮਾਂ । ਮਨ ਇਛ—ਮਨ ਦੀ ਇੱਛਾ । ਪੁਜਾਈ—ਪੂਰੀ ਕਰਾਂ । ਵਡੈ ਭਾਗਿ—ਵੱਡੀ ਕਿਸਮਤ ਨਾਲ । ਨਿਵਿ—ਨਿਊਂ ਕੇ । ਪਾਈ—ਪੈਰੀਂ । ਮਨਿ—ਮਨ ਵਿਚ ।

ਅਰਥ :—(ਰੱਬ ਕਰਕੇ) ਉਹ ਵੇਲਾ ਛੇਤੀ ਆਵੇ ਜਦੋਂ ਮੈਂ ਪ੍ਰਭੂ ਨੂੰ ਮਿਲਾਂ । ਉਹ ਮੁਹੂਰਤ, ਉਹ ਮਿਲਣ ਦਾ ਸਮਾਂ ਭਾਗਾਂ ਵਾਲਾ ਹੁੰਦਾ ਹੈ, ਜਦੋਂ ਧਰਤੀ ਦਾ ਸਾਂਈ ਮਿਲਦਾ ਹੈ । (ਮੇਹਰ ਕਰ) ਅੱਠੇ ਪਹਿਰ ਪ੍ਰਭੂ ਨੂੰ ਸਿਮਰ ਕੇ ਮੈਂ ਆਪਣੇ ਮਨ ਦੀ ਚਾਹ ਪੂਰੀ ਕਰਾਂ । ਚੰਗੀ ਕਿਸਮਤਿ ਨਾਲ ਸਤਸੰਗ ਮਿਲ ਜਾਏ ਤੇ ਮੈਂ ਨਿਊਂ ਨਿਊਂ ਕੇ (ਸਤ ਸੰਗੀਆਂ ਦੇ) ਪੈਰੀਂ ਲੱਗਾਂ । ਮੇਰੇ ਮਨ ਵਿਚ (ਪ੍ਰਭੂ ਦੇ) ਦਰਸਨ ਦੀ ਤ੍ਰੇਹ ਹੈ । ਹੇ ਨਾਨਕ! (ਆਖ) ਮੈਂ (ਸਤਸੰਗੀਆਂ ਤੋਂ) ਸਦਕੇ ਜਾਂਦਾ ਹਾਂ ।੧੫।

ਸਲੋਕ ॥ ਪਤਿਤ ਪੁਨੀਤ ਗੋਬਿੰਦਹ ਸਰਬ ਦੋਖ ਨਿਵਾਰਣਹ ॥ ਸਰਣਿ ਸੂਰ ਭਗਵਾਨਹ ਜਪੰਤਿ ਨਾਨਕ ਹਰਿ ਹਰਿ ਹਰੇ ॥੧॥ ਛਡਿਓ ਹਭੁ ਆਪੁ ਲਗੜੋ ਚਰਣਾ ਪਾਸਿ ॥ ਨਠੜੋ ਦੁਖ ਤਾਪੁ ਨਾਨਕ ਪ੍ਰਭੁ ਪੇਖੰਦਿਆ ॥੨॥ {ਪੰਨਾ ੭੦੯}

ਪਦ ਅਰਥ :—ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ । ਪੁਨੀਤ—ਪਵਿਤ੍ਰ । ਪਤਿਤ ਪੁਨੀਤ—ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ । ਸਰਬ—ਸਾਰੇ । ਦੋਖ—ਐਬ । ਸਰਣਿ ਸੂਰ—ਸਰਨ ਦਾ ਸੂਰਮਾ, ਸਰਨ ਆਏ ਨੂੰ ਬਚਾਉਣ ਦੇ ਸਮਰੱਥ । ਜਪੰਤਿ—ਜੋ ਜਪਦੇ ਹਨ ।੧।

ਛਡਿਓ—ਜਿਸ ਨੇ ਛੱਡਿਆ ਹੈ । ਹਭੁ ਆਪੁ—ਸਾਰਾ ਆਪਾ-ਭਾਵ, ਸਾਰਾ ਅਹੰਕਾਰ । ਲਗੜੋ—ਜੋ ਲੱਗਾ ਹੈ । ਨਠੜੋ—ਨੱਠ ਗਏ ਹਨ । ਪੇਖੰਦਿਆ—ਦੀਦਾਰ ਕਰਨ ਨਾਲ ।੨।

ਅਰਥ :—ਗੋਬਿੰਦ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ । (ਪਾਪੀਆਂ ਦੇ) ਸਾਰੇ ਐਬ ਦੂਰ ਕਰਨ ਵਾਲਾ ਹੈ । ਹੇ ਨਾਨਕ! ਜੋ ਮਨੁੱਖ ਉਸ ਪ੍ਰਭੂ ਨੂੰ ਜਪਦੇ ਹਨ, ਭਗਵਾਨ ਉਹਨਾਂ ਸਰਨ ਆਇਆਂ ਦੀ ਲਾਜ ਰੱਖਣ ਦੇ ਸਮਰੱਥ ਹੈ ।੧।

ਜਿਸ ਮਨੁੱਖ ਨੇ ਸਾਰਾ ਆਪਾ-ਭਾਵ ਮਿਟਾ ਦਿੱਤਾ, ਜੋ ਮਨੁੱਖ ਪ੍ਰਭੂ ਦੇ ਚਰਨਾਂ ਨਾਲ ਜੁੜਿਆ ਰਿਹਾ, ਹੇ ਨਾਨਕ! ਪ੍ਰਭੂ ਦਾ ਦੀਦਾਰ ਕਰਨ ਨਾਲ ਉਸ ਦੇ ਸਾਰੇ ਦੁੱਖ ਕਲੇਸ਼ ਨਾਸ ਹੋ ਜਾਂਦੇ ਹਨ ।੨।

ਪਉੜੀ ॥ ਮੇਲਿ ਲੈਹੁ ਦਇਆਲ ਢਹਿ ਪਏ ਦੁਆਰਿਆ ॥ ਰਖਿ ਲੇਵਹੁ ਦੀਨ ਦਇਆਲ ਭ੍ਰਮਤ ਬਹੁ ਹਾਰਿਆ ॥ ਭਗਤਿ ਵਛਲੁ ਤੇਰਾ ਬਿਰਦੁ ਹਰਿ ਪਤਿਤ ਉਧਾਰਿਆ ॥ ਤੁਝ ਬਿਨੁ ਨਾਹੀ ਕੋਇ ਬਿਨਉ ਮੋਹਿ ਸਾਰਿਆ ॥ ਕਰੁ ਗਹਿ ਲੇਹੁ ਦਇਆਲ ਸਾਗਰ ਸੰਸਾਰਿਆ ॥੧੬॥ {ਪੰਨਾ ੭੦੯}

ਪਦ ਅਰਥ :—ਦਇਆਲ—(ਦਇਆ—ਆਲਯ) ਦਇਆ ਦਾ ਘਰ, ਹੇ ਦਿਆਲ! ਢਹਿ ਪਏ—ਆ ਡਿੱਗਾ ਹਾਂ । ਭ੍ਰਮਤ—ਭਟਕਦਾ । ਹਾਰਿਆ—ਥੱਕ ਗਿਆ ਹਾਂ । ਭਗਤਿ ਵਛਲੁ—ਭਗਤੀ ਨੂੰ ਪਿਆਰ ਕਰਨ ਵਾਲਾ । ਬਿਰਦੁ—ਪੁਰਾਣਾ ਸੁਭਾਉ । ਪਤਿਤ ਉਧਾਰਿਆ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਬਚਾਉਣ ਵਾਲਾ । ਬਿਨਉ ਮੋਹਿ—ਮੇਰੀ ਬੇਨਤੀ ਨੂੰ । ਸਾਰਿਆ—ਸਾਰ ਲੈਣ ਵਾਲਾ, ਸਿਰੇ ਚਾੜ੍ਹਨ ਵਾਲਾ । ਕਰੁ—ਹੱਥ । ਗਹਿ—ਫੜ ਕੇ । ਸਾਗਰ—ਸਮੁੰਦਰ ।

ਅਰਥ :—ਹੇ ਦਿਆਲ! ਮੈਂ ਤੇਰੇ ਦਰ ਤੇ ਆ ਡਿੱਗਾ ਹਾਂ, ਮੈਨੂੰ (ਆਪਣੇ ਚਰਨਾਂ ਵਿਚ) ਜੋੜ ਲੈ । ਹੇ ਦੀਨਾਂ ਤੇ ਦਇਆ ਕਰਨ ਵਾਲੇ! ਮੈਨੂੰ ਰੱਖ ਲੈ, ਮੈਂ ਭਟਕਦਾ ਭਟਕਦਾ ਹੁਣ ਬੜਾ ਥੱਕ ਗਿਆ ਹਾਂ । ਭਗਤੀ ਨੂੰ ਪਿਆਰ ਕਰਨਾ ਤੇ ਡਿੱਗਿਆਂ ਨੂੰ ਬਚਾਉਣਾ—ਇਹ ਤੇਰਾ ਮੁੱਢ ਕਦੀਮਾਂ ਦਾ ਸੁਭਾਉ ਹੈ । ਹੇ ਪ੍ਰਭੂ! ਤੈਥੋਂ ਬਿਨਾ ਹੋਰ ਕੋਈ ਨਹੀਂ ਜੋ ਮੇਰੀ ਇਸ ਬੇਨਤੀ ਨੂੰ ਸਿਰੇ ਚਾੜ੍ਹ ਸਕੇ । ਹੇ ਦਿਆਲ! ਮੇਰਾ ਹੱਥ ਫੜ ਲੈ (ਤੇ ਮੈਨੂੰ) ਸੰਸਾਰ-ਸਮੁੰਦਰ ਵਿਚੋਂ (ਬਚਾ ਲੈ) ।੧੬।

ਸਲੋਕ ॥ ਸੰਤ ਉਧਰਣ ਦਇਆਲੰ ਆਸਰੰ ਗੋਪਾਲ ਕੀਰਤਨਹ ॥ ਨਿਰਮਲੰ ਸੰਤ ਸੰਗੇਣ ਓਟ ਨਾਨਕ ਪਰਮੇਸੁਰਹ ॥੧॥ ਚੰਦਨ ਚੰਦੁ ਨ ਸਰਦ ਰੁਤਿ ਮੂਲਿ ਨ ਮਿਟਈ ਘਾਂਮ ॥ ਸੀਤਲੁ ਥੀਵੈ ਨਾਨਕਾ ਜਪੰਦੜੋ ਹਰਿ ਨਾਮੁ ॥੨॥ {ਪੰਨਾ ੭੦੯}

ਪਦ ਅਰਥ :—ਸੰਤ ਉਧਰਣ—ਸੰਤਾਂ ਨੂੰ (ਵਿਕਾਰਾਂ ਦੀ ਤਪਸ਼ ਤੋਂ) ਬਚਾਉਣ ਵਾਲਾ । ਦਇਆਲੰ—ਦਿਆਲ ਪ੍ਰਭੂ । ਆਸਰੰ ਗੋਪਾਲ ਕੀਰਤਨਹ—(ਜਿਨ੍ਹਾਂ ਨੂੰ) ਗੋਪਾਲ ਦੇ ਕੀਰਤਨ ਦਾ ਆਸਰਾ ਹੈ, ਜਿਨ੍ਹਾਂ ਨੇ ਗੋਪਾਲ ਦੇ ਕੀਰਤਨ ਨੂੰ ਆਪਣੇ ਜੀਵਨ ਦਾ ਸਹਾਰਾ ਬਣਾਇਆ ਹੈ । ਸੰਤ ਸੰਗੇਣ—(ਉਹਨਾਂ) ਸੰਤਾਂ ਦੀ ਸੰਗਤਿ ਕੀਤਿਆਂ ।੧।

ਸਰਦ ਰੁਤਿ—ਠੰਢੀ ਰੁੱਤ । ਘਾਂਮ—ਮਨ ਦੀ ਤਪਸ਼ । ਸੀਤਲੁ—ਸ਼ਾਂਤ, ਠੰਢਾ ।੨।

ਅਰਥ :—ਜੋ ਸੰਤ ਜਨ ਗੋਪਾਲ-ਪ੍ਰਭੂ ਦੇ ਕੀਰਤਨ ਨੂੰ ਆਪਣੇ ਜੀਵਨ ਦਾ ਸਹਾਰਾ ਬਣਾ ਲੈਂਦੇ ਹਨ, ਦਿਆਲ ਪ੍ਰਭੂ ਉਹਨਾਂ ਸੰਤਾਂ ਨੂੰ (ਮਾਇਆ ਦੀ ਤਪਸ਼ ਤੋਂ) ਬਚਾ ਲੈਂਦਾ ਹੈ, ਉਹਨਾਂ ਸੰਤਾਂ ਦੀ ਸੰਗਤਿ ਕੀਤਿਆਂ ਪਵਿਤ੍ਰ ਹੋ ਜਾਈਦਾ ਹੈ । ਹੇ ਨਾਨਕ! (ਤੂੰ ਭੀ ਅਜੇਹੇ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ) ਪਰਮੇਸਰ ਦਾ ਪੱਲਾ ਫੜ ।੧।

ਭਾਵੇਂ ਚੰਦਨ (ਦਾ ਲੇਪ ਕੀਤਾ) ਹੋਵੇ ਚਾਹੇ ਚੰਦ੍ਰਮਾ (ਦੀ ਚਾਨਣੀ) ਹੋਵੇ, ਤੇ ਭਾਵੇਂ ਠੰਢੀ ਰੁੱਤ ਹੋਵੇ—ਇਹਨਾਂ ਦੀ ਰਾਹੀਂ ਮਨ ਦੀ ਤਪਸ਼ ਉੱਕਾ ਹੀ ਮਿਟ ਨਹੀਂ ਸਕਦੀ । ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਿਆਂ ਹੀ ਮਨੁੱਖ (ਦਾ ਮਨ) ਸ਼ਾਂਤ ਹੁੰਦਾ ਹੈ ।੨।

ਪਉੜੀ ॥ ਚਰਨ ਕਮਲ ਕੀ ਓਟ ਉਧਰੇ ਸਗਲ ਜਨ ॥ ਸੁਣਿ ਪਰਤਾਪੁ ਗੋਵਿੰਦ ਨਿਰਭਉ ਭਏ ਮਨ ॥ ਤੋਟਿ ਨ ਆਵੈ ਮੂਲਿ ਸੰਚਿਆ ਨਾਮੁ ਧਨ ॥ ਸੰਤ ਜਨਾ ਸਿਉ ਸੰਗੁ ਪਾਈਐ ਵਡੈ ਪੁਨ ॥ ਆਠ ਪਹਰ ਹਰਿ ਧਿਆਇ ਹਰਿ ਜਸੁ ਨਿਤ ਸੁਨ ॥੧੭॥ {ਪੰਨਾ ੭੦੯}

ਪਦ ਅਰਥ :—ਓਟ—ਆਸਰਾ । ਸਗਲ—ਸਾਰੇ । ਜਨ—ਮਨੁੱਖ । ਪਰਤਾਪੁ—ਵਡਿਆਈ । ਨਿਰਭਉ—ਨਿਡਰ । ਤੋਟਿ—ਕਮੀ, ਘਾਟਾ । ਨ ਮੂਲਿ—ਕਦੇ ਭੀ ਨਹੀਂ । ਸੰਚਿਆ—ਇਕੱਠਾ ਕੀਤਾ । ਵਡੈ ਪੁਨ—ਚੰਗੇ ਭਾਗਾਂ ਨਾਲ । ਕਮਲ—ਕਉਲ ਫੁੱਲ । ਚਰਨ ਕਮਲ—ਕਉਲ ਫੁੱਲ ਵਰਗੇ ਚਰਨ ।

ਅਰਥ :—ਪ੍ਰਭੂ ਦੇ ਸੋਹਣੇ ਚਰਨਾਂ ਦਾ ਆਸਰਾ ਲੈ ਕੇ ਸਾਰੇ ਜੀਵ (ਦੁਨੀਆ ਦੀ ਤਪਸ਼ ਤੋਂ) ਬਚ ਜਾਂਦੇ ਹਨ । ਗੋਬਿੰਦ ਦੀ ਵਡਿਆਈ ਸੁਣ ਕੇ (ਬੰਦਗੀ ਵਾਲਿਆਂ ਦੇ) ਮਨ ਨਿਡਰ ਹੋ ਜਾਂਦੇ ਹਨ । ਉਹ ਪ੍ਰਭੂ ਦਾ ਨਾਮ-ਧਨ ਇਕੱਠਾ ਕਰਦੇ ਹਨ ਤੇ ਉਸ ਧਨ ਵਿਚ ਕਦੇ ਘਾਟਾ ਨਹੀਂ ਪੈਂਦਾ । ਅਜੇਹੇ ਗੁਰਮੁਖਾਂ ਦੀ ਸੰਗਤਿ ਬੜੇ ਭਾਗਾਂ ਨਾਲ ਮਿਲਦੀ ਹੈ, ਇਹ ਸੰਤ ਜਨ ਅੱਠੇ ਪਹਿਰ ਪ੍ਰਭੂ ਨੂੰ ਸਿਮਰਦੇ ਹਨ ਤੇ ਸਦਾ ਪ੍ਰਭੂ ਦਾ ਜਸ ਸੁਣਦੇ ਹਨ ।੧੭।

ਸਲੋਕ ॥ ਦਇਆ ਕਰਣੰ ਦੁਖ ਹਰਣੰ ਉਚਰਣੰ ਨਾਮ ਕੀਰਤਨਹ ॥ ਦਇਆਲ ਪੁਰਖ ਭਗਵਾਨਹ ਨਾਨਕ ਲਿਪਤ ਨ ਮਾਇਆ ॥੧॥ ਭਾਹਿ ਬਲੰਦੜੀ ਬੁਝਿ ਗਈ ਰਖੰਦੜੋ ਪ੍ਰਭੁ ਆਪਿ ॥ ਜਿਨਿ ਉਪਾਈ ਮੇਦਨੀ ਨਾਨਕ ਸੋ ਪ੍ਰਭੁ ਜਾਪਿ ॥੨॥ {ਪੰਨਾ ੭੦੯}

ਪਦ ਅਰਥ :—ਕੀਰਤਨ—ਸਿਫ਼ਤਿ-ਸਾਲਾਹ, ਵਡਿਆਈ । ਲਿਪਤ ਨ—ਨਹੀਂ ਲਿੱਬੜਦਾ, ਨਹੀਂ ਫਸਦਾ । ਪੁਰਖ—ਸਾਰ-ਵਿਆਪਕ । ਭਗਵਾਨ—ਭਾਗਾਂ ਵਾਲਾ, ਪਰਤਾਪਵਾਨ ਪ੍ਰਭੂ ।੧।

ਭਾਹਿ—ਅੱਗ । ਜਿਨਿ—ਜਿਸ ਪ੍ਰਭੂ ਨੇ । ਮੇਦਨੀ—ਧਰਤੀ, ਸ੍ਰਿਸ਼ਟੀ ।੨।

ਅਰਥ :—ਹੇ ਨਾਨਕ! ਜੇ ਮਨੁੱਖ ਦਿਆਲ ਸਰਬ-ਵਿਆਪੀ ਭਗਵਾਨ ਦੇ ਨਾਮ ਦੀ ਵਡਿਆਈ ਕਰੇ ਤਾਂ ਪ੍ਰਭੂ ਮੇਹਰ ਕਰਦਾ ਹੈ, ਉਸ ਦੇ ਦੁੱਖਾਂ ਦਾ ਨਾਸ ਕਰਦਾ ਹੈ ਤੇ ਉਹ ਮਨੁੱਖ ਮਾਇਆ ਦੇ ਮੋਹ ਵਿਚ ਨਹੀਂ ਫਸਦਾ ।੧।

ਹੇ ਨਾਨਕ! ਜਿਸ ਪ੍ਰਭੂ ਨੇ ਸਾਰੀ ਸ੍ਰਿਸ਼ਟੀ ਰਚੀ ਹੈ ਉਸ ਦਾ ਸਿਮਰਨ ਕਰ, (ਸਿਮਰਨ ਕੀਤਿਆਂ) ਉਹ ਪ੍ਰਭੂ ਆਪ ਜੀਵ ਦਾ ਰਾਖਾ ਬਣਦਾ ਹੈ ਤੇ ਉਸ ਦੇ ਅੰਦਰ ਦੀ ਬਲਦੀ (ਤ੍ਰਿਸਨਾ ਦੀ) ਅੱਗ ਬੁੱਝ ਜਾਂਦੀ ਹੈ ।੨।

ਪਉੜੀ ॥ ਜਾ ਪ੍ਰਭ ਭਏ ਦਇਆਲ ਨ ਬਿਆਪੈ ਮਾਇਆ ॥ ਕੋਟਿ ਅਘਾ ਗਏ ਨਾਸ ਹਰਿ ਇਕੁ ਧਿਆਇਆ ॥ ਨਿਰਮਲ ਭਏ ਸਰੀਰ ਜਨ ਧੂਰੀ ਨਾਇਆ ॥ ਮਨ ਤਨ ਭਏ ਸੰਤੋਖ ਪੂਰਨ ਪ੍ਰਭੁ ਪਾਇਆ ॥ ਤਰੇ ਕੁਟੰਬ ਸੰਗਿ ਲੋਗ ਕੁਲ ਸਬਾਇਆ ॥੧੮॥ {ਪੰਨਾ ੭੧੦}

ਪਦ ਅਰਥ :—ਨ ਬਿਆਪੈ—ਜ਼ੋਰ ਨਹੀਂ ਪਾ ਸਕਦੀ । ਕੋਟਿ ਅਘਾ—ਕਰੋੜਾਂ ਪਾਪ । ਨਿਰਮਲ—ਪਵਿਤ੍ਰ । ਜਨ ਧੂਰੀ—ਸੰਤ ਜਨਾਂ ਦੀ ਚਰਨ-ਧੂੜ ਵਿਚ । ਨਾਇਆ—ਨ੍ਹਾਤਿਆਂ । ਕੁਟੰਬ—ਪਰਵਾਰ । ਸਬਾਇਆ—ਸਾਰੀ ।

ਅਰਥ :—ਜਦੋਂ (ਜੀਵ ਉੱਤੇ) ਪ੍ਰਭੂ ਜੀ ਮੇਹਰਬਾਨ ਹੋਣ ਤਾਂ ਮਾਇਆ ਜ਼ੋਰ ਨਹੀਂ ਪਾ ਸਕਦੀ । ਇਕ ਪ੍ਰਭੂ ਨੂੰ ਸਿਮਰਿਆਂ ਕਰੋੜਾਂ ਹੀ ਪਾਪ ਨਾਸ ਹੋ ਜਾਂਦੇ ਹਨ, ਸਿਮਰਨ ਕਰਨ ਵਾਲੇ ਬੰਦਿਆਂ ਦੀ ਚਰਨ-ਧੂੜ ਵਿਚ ਨ੍ਹਾਤਿਆਂ ਸਰੀਰ ਪਵਿਤ੍ਰ ਹੋ ਜਾਂਦੇ ਹਨ, (ਸੰਤਾਂ ਦੀ ਸੰਗਤਿ ਵਿਚ) ਪੂਰਨ ਪ੍ਰਭੂ ਮਿਲ ਪੈਂਦਾ ਹੈ ਤੇ ਮਨ ਤੇ ਤਨ ਦੋਹਾਂ ਨੂੰ ਸੰਤੋਖ ਪ੍ਰਾਪਤ ਹੁੰਦਾ ਹੈ । ਅਜੇਹੇ ਮਨੁੱਖਾਂ ਦੀ ਸੰਗਤਿ ਵਿਚ ਉਹਨਾਂ ਦੇ ਪਰਵਾਰ ਦੇ ਲੋਕ ਤੇ ਸਾਰੀਆਂ ਕੁਲਾਂ ਤਰ ਜਾਂਦੀਆਂ ਹਨ ।੧੮।

ਸਲੋਕ ॥ ਗੁਰ ਗੋਬਿੰਦ ਗੋਪਾਲ ਗੁਰ, ਗੁਰ ਪੂਰਨ ਨਾਰਾਇਣਹ ॥ ਗੁਰ ਦਇਆਲ ਸਮਰਥ ਗੁਰ, ਗੁਰ ਨਾਨਕ ਪਤਿਤ ਉਧਾਰਣਹ ॥੧॥ ਭਉਜਲੁ ਬਿਖਮੁ ਅਸਗਾਹੁ ਗੁਰਿ ਬੋਹਿਥੈ ਤਾਰਿਅਮੁ ॥ ਨਾਨਕ ਪੂਰ ਕਰੰਮ ਸਤਿਗੁਰ ਚਰਣੀ ਲਗਿਆ ॥੨॥ {ਪੰਨਾ ੭੧੦}

ਪਦ ਅਰਥ :—ਪੂਰਨ—ਸਰਬ-ਵਿਆਪਕ । ਪਤਿਤ ਉਧਾਰਣਹ—ਵਿਕਾਰੀਆਂ ਨੂੰ ਤਾਰਨ ਵਾਲਾ ।੧।

ਭਉਜਲ—ਸੰਸਾਰ-ਸਮੁੰਦਰ । ਬਿਖਮੁ—ਔਖਾ, ਡਰਾਉਣਾ । ਅਸਗਾਹੁ—ਅਥਾਹ । ਗੁਰਿ—ਗੁਰੂ ਨੇ । ਬੋਹਿਥੈ—ਜਹਾਜ਼ ਨੇ । ਗੁਰਿ ਬੋਹਿਥੈ—ਗੁਰੂ ਜਹਾਜ਼ ਨੇ । ਤਾਰਿਅਮੁ—ਮੈਨੂੰ ਤਾਰ ਲਿਆ ਹੈ । ਪੂਰ ਕਰੰਮ—ਪੂਰੇ ਭਾਗ, ਚੰਗੇ ਭਾਗ ।੧।

ਅਰਥ :—ਹੇ ਨਾਨਕ! ਗੁਰੂ ਗੋਬਿੰਦ-ਰੂਪ ਹੈ, ਗੋਪਾਲ-ਰੂਪ ਹੈ, ਸਰਬ-ਵਿਆਪਕ ਨਾਰਾਇਣ ਦਾ ਰੂਪ ਹੈ । ਗੁਰੂ ਦਇਆ ਦਾ ਘਰ ਹੈ, ਸਮਰੱਥਾ ਵਾਲਾ ਹੈ ਤੇ ਵਿਕਾਰੀਆਂ ਨੂੰ ਭੀ ਤਾਰਨਹਾਰ ਹੈ ।

ਸੰਸਾਰ-ਸਮੁੰਦਰ ਬੜਾ ਭਿਆਨਕ ਤੇ ਅਥਾਹ ਹੈ, ਪਰ ਗੁਰੂ-ਜਹਾਜ਼ ਨੇ ਮੈਨੂੰ ਇਸ ਵਿਚੋਂ ਬਚਾ ਲਿਆ ਹੈ । ਹੇ ਨਾਨਕ! ਜੋ ਮਨੁੱਖ ਸਤਿਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਦੇ ਚੰਗੇ ਭਾਗ ਹੁੰਦੇ ਹਨ ।੨।

ਪਉੜੀ ॥ ਧੰਨੁ ਧੰਨੁ ਗੁਰਦੇਵ ਜਿਸੁ ਸੰਗਿ ਹਰਿ ਜਪੇ ॥ ਗੁਰ ਕ੍ਰਿਪਾਲ ਜਬ ਭਏ ਤ ਅਵਗੁਣ ਸਭਿ ਛਪੇ ॥ ਪਾਰਬ੍ਰਹਮ ਗੁਰਦੇਵ ਨੀਚਹੁ ਉਚ ਥਪੇ ॥ ਕਾਟਿ ਸਿਲਕ ਦੁਖ ਮਾਇਆ ਕਰਿ ਲੀਨੇ ਅਪ ਦਸੇ ॥ ਗੁਣ ਗਾਏ ਬੇਅੰਤ ਰਸਨਾ ਹਰਿ ਜਸੇ ॥੧੯॥ {ਪੰਨਾ ੭੧੦}

ਪਦ ਅਰਥ :—ਧੰਨੁ ਗੁਰਦੇਵ—ਸਦਕੇ ਹਾਂ ਗੁਰੂ ਤੋਂ, ਸ਼ਾਬਾਸ਼ੇ ਗੁਰੂ ਨੂੰ । ਜਿਸੁ ਸੰਗਿ—ਜਿਸ ਦੀ ਸੰਗਤਿ ਵਿਚ । ਸਭਿ ਅਵਗੁਣ—ਸਾਰੇ ਐਬ । ਛਪੇ—ਦੂਰ ਹੋ ਜਾਂਦੇ ਹਨ । ਨੀਚਹੁ—ਨੀਵੇਂ ਤੋਂ । ਉਚ ਥਪੇ—ਉੱਚੇ ਥਾਪ ਦੇਂਦਾ ਹੈ । ਸਿਲਕ—{ਅ} ਫਾਹੀ, ਰੱਸੀ । ਅਪ ਦਸੇ—ਆਪਣੇ ਦਾਸ । ਰਸਨਾ—ਜੀਭ

(ਨਾਲ) । ਜਸੇ—ਜਸ ।

ਅਰਥ :—ਸਦਕੇ ਹਾਂ ਗੁਰੂ ਤੋਂ ਜਿਸ ਦੀ ਸੰਗਤਿ ਵਿਚ ਰਿਹਾਂ ਪ੍ਰਭੂ ਦਾ ਭਜਨ ਕੀਤਾ ਜਾ ਸਕਦਾ ਹੈ, ਜਦੋਂ ਸਤਿਗੁਰੂ ਮੇਹਰਬਾਨ ਹੁੰਦਾ ਹੈ ਤਾਂ ਸਾਰੇ ਔਗੁਣ ਦੂਰ ਹੋ ਜਾਂਦੇ ਹਨ, ਪ੍ਰਭੂ ਦਾ ਰੂਪ ਗੁਰੂ ਨੀਵਿਆਂ ਤੋਂ ਉੱਚੇ ਕਰ ਦੇਂਦਾ ਹੈ, ਮਾਇਆ ਦੇ ਦੁਖਾਂ ਦੀ ਫਾਹੀ ਕੱਟ ਕੇ ਆਪਣੇ ਸੇਵਕ ਬਣਾ ਲੈਂਦਾ ਹੈ, (ਗੁਰੂ ਦੀ ਸੰਗਤਿ ਵਿਚ ਰਿਹਾਂ) ਜੀਭ ਨਾਲ ਬੇਅੰਤ ਪ੍ਰਭੂ ਦੇ ਗੁਣ ਗਾ ਸਕੀਦੇ ਹਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਸਕੀਦੀ ਹੈ ।੧੯।

ਸਲੋਕ ॥ ਦ੍ਰਿਸਟੰਤ ਏਕੋ ਸੁਨੀਅੰਤ ਏਕੋ ਵਰਤੰਤ ਏਕੋ ਨਰਹਰਹ ॥ ਨਾਮ ਦਾਨੁ ਜਾਚੰਤਿ ਨਾਨਕ ਦਇਆਲ ਪੁਰਖ ਕ੍ਰਿਪਾ ਕਰਹ ॥੧॥ ਹਿਕੁ ਸੇਵੀ ਹਿਕੁ ਸੰਮਲਾ ਹਰਿ ਇਕਸੁ ਪਹਿ ਅਰਦਾਸਿ ॥ ਨਾਮ ਵਖਰੁ ਧਨੁ ਸੰਚਿਆ ਨਾਨਕ ਸਚੀ ਰਾਸਿ ॥੨॥ {ਪੰਨਾ ੭੧੦}

ਪਦ ਅਰਥ :—ਏਕੋ—ਇਕ ਪ੍ਰਭੂ ਹੀ । ਦ੍ਰਿਸਟੰਤ—ਦਿੱਸਦਾ ਹੈ । ਵਰਤੰਤ—ਮੌਜੂਦ ਹੈ । ਨਰਹਰਹ—ਨਰਾਂ ਦਾ ਸਾਈਂ, ਖ਼ਲਕਤ ਦਾ ਮਾਲਕ । ਜਾਚੰਤਿ—ਜੋ ਮੰਗਦੇ ਹਨ । ਦਾਨੁ—ਖੈਰ ।੧।

ਸੇਵੀ—ਮੈਂ ਸਿਮਰਾਂ । ਸੰਮਲਾ—ਮੈਂ ਹਿਰਦੇ ਵਿਚ ਸੰਭਾਲ ਰੱਖਾਂ । ਵਖਰੁ—ਸਉਦਾ । ਸੰਚਿਆ—ਜੋੜਿਆ ਹੈ । ਰਾਸਿ—ਪੂੰਜੀ ।੨।

ਅਰਥ :—ਹੇ ਨਾਨਕ! ਜਿਨ੍ਹਾਂ ਉਤੇ ਦਿਆਲ ਪ੍ਰਭੂ ਮੇਹਰ ਕਰਦਾ ਹੈ ਉਹ ਉਸ ਪਾਸੋਂ ਬੰਦਗੀ ਦਾ ਖ਼ੈਰ ਮੰਗਦੇ ਹਨ, ਉਹਨਾਂ ਨੂੰ ਹਰ ਥਾਂ ਉਹ ਖ਼ਲਕਤਿ ਦਾ ਸਾਈਂ ਹੀ ਦਿੱਸਦਾ ਹੈ, ਸੁਣੀਦਾ ਹੈ, ਵਿਆਪਕ ਜਾਪਦਾ ਹੈ ।੧।

ਮੇਰੀ ਇਕ ਪ੍ਰਭੂ ਦੇ ਪਾਸ ਹੀ ਅਰਜ਼ੋਈ ਹੈ ਕਿ ਮੈਂ ਪ੍ਰਭੂ ਨੂੰ ਹੀ ਸਿਮਰਾਂ ਤੇ ਪ੍ਰਭੂ ਨੂੰ ਹੀ ਹਿਰਦੇ ਵਿਚ ਸੰਭਾਲ ਰੱਖਾਂ । ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਨਾਮ-ਰੂਪ ਸੌਦਾ ਨਾਮ-ਰੂਪ ਧਨ ਜੋੜਿਆ ਹੈ, ਉਹਨਾਂ ਦੀ ਇਹ ਪੂੰਜੀ ਸਦਾ ਹੀ ਕਾਇਮ ਰਹਿੰਦੀ ਹੈ ।੨।

ਪਉੜੀ ॥ ਪ੍ਰਭ ਦਇਆਲ ਬੇਅੰਤ ਪੂਰਨ ਇਕੁ ਏਹੁ ॥ ਸਭੁ ਕਿਛੁ ਆਪੇ ਆਪਿ ਦੂਜਾ ਕਹਾ ਕੇਹੁ ॥ ਆਪਿ ਕਰਹੁ ਪ੍ਰਭ ਦਾਨੁ ਆਪੇ ਆਪਿ ਲੇਹੁ ॥ ਆਵਣ ਜਾਣਾ ਹੁਕਮੁ ਸਭੁ ਨਿਹਚਲੁ ਤੁਧੁ ਥੇਹੁ ॥ ਨਾਨਕੁ ਮੰਗੈ ਦਾਨੁ ਕਰਿ ਕਿਰਪਾ ਨਾਮੁ ਦੇਹੁ ॥੨੦॥੧॥ {ਪੰਨਾ ੭੧੦}

ਪਦ ਅਰਥ :—ਪੂਰਨ—ਹਰ ਥਾਂ ਵਿਆਪਕ । ਇਕੁ ਏਹੁ—ਸਿਰਫ਼ ਇਕ ਬੇਅੰਤ ਪ੍ਰਭੂ । ਕਹਾ ਕੇਹੁ—ਕੇਹੜਾ ਦੱਸਾਂ? (ਭਾਵ, ਕੋਈ ਹੋਰ ਦੱਸ ਨਹੀਂ ਸਕਦਾ) । ਆਪੇ—ਆਪ ਹੀ । ਆਵਣ ਜਾਣਾ—ਜੰਮਣਾ ਤੇ ਮਰਨਾ । ਨਿਹਚਲੁ—ਅਟੱਲ । ਥੇਹੁ—ਟਿਕਾਣਾ । ਤੁਧੁ—ਤੇਰਾ ।

ਅਰਥ :—ਸਿਰਫ਼ ਇਹ ਦਿਆਲ ਤੇ ਬੇਅੰਤ ਪ੍ਰਭੂ ਹੀ ਹਰ ਥਾਂ ਮੌਜੂਦ ਹੈ, ਉਹ ਆਪ ਹੀ ਆਪ ਸਭ ਕੁਝ ਹੈ, ਹੋਰ ਦੂਜਾ ਕੇਹੜਾ ਦੱਸਾਂ (ਜੇ ਉਸ ਵਰਗਾ ਹੋਵੇ)?

ਹੇ ਪ੍ਰਭੂ! ਤੂੰ ਆਪ ਹੀ ਦਾਨ ਕਰਨ ਵਾਲਾ ਹੈਂ ਤੇ ਆਪ ਹੀ ਉਹ ਦਾਨ ਲੈਣ ਵਾਲਾ ਹੈਂ । (ਜੀਵਾਂ ਦਾ) ਜੰਮਣਾ ਤੇ ਮਰਨਾ—ਇਹ ਤੇਰਾ ਹੁਕਮ ਹੈ (ਭਾਵ, ਤੇਰੀ ਖੇਡ ਹੈ), ਤੇਰਾ ਆਪਣਾ ਟਿਕਾਣਾ ਸਦਾ ਅਟੱਲ ਹੈ । ਨਾਨਕ (ਤੈਥੋਂ) ਖ਼ੈਰ ਮੰਗਦਾ ਹੈ, ਮੇਹਰ ਕਰ ਤੇ ਨਾਮ ਬਖ਼ਸ਼ ।੨੦।੧।

ਜੈਤਸਰੀ ਬਾਣੀ ਭਗਤਾ ਕੀ

ੴ ਸਤਿਗੁਰ ਪ੍ਰਸਾਦਿ ॥ ਨਾਥ ਕਛੂਅ ਨ ਜਾਨਉ ॥ ਮਨੁ ਮਾਇਆ ਕੈ ਹਾਥਿ ਬਿਕਾਨਉ ॥੧॥ ਰਹਾਉ ॥ ਤੁਮ ਕਹੀਅਤ ਹੌ ਜਗਤ ਗੁਰ ਸੁਆਮੀ ॥ ਹਮ ਕਹੀਅਤ ਕਲਿਜੁਗ ਕੇ ਕਾਮੀ ॥੧॥ ਇਨ ਪੰਚਨ ਮੇਰੋ ਮਨੁ ਜੁ ਬਿਗਾਰਿਓ ॥ ਪਲੁ ਪਲੁ ਹਰਿ ਜੀ ਤੇ ਅੰਤਰੁ ਪਾਰਿਓ ॥੨॥ ਜਤ ਦੇਖਉ ਤਤ ਦੁਖ ਕੀ ਰਾਸੀ ॥ ਅਜੌਂ ਨ ਪਤ੍ਯ੍ਯਾਇ ਨਿਗਮ ਭਏ ਸਾਖੀ ॥੩॥ ਗੋਤਮ ਨਾਰਿ ਉਮਾਪਤਿ ਸ੍ਵਾਮੀ ॥ ਸੀਸੁ ਧਰਨਿ ਸਹਸ ਭਗ ਗਾਂਮੀ ॥੪॥ ਇਨ ਦੂਤਨ ਖਲੁ ਬਧੁ ਕਰਿ ਮਾਰਿਓ ॥ ਬਡੋ ਨਿਲਾਜੁ ਅਜਹੂ ਨਹੀ ਹਾਰਿਓ ॥੫॥ ਕਹਿ ਰਵਿਦਾਸ ਕਹਾ ਕੈਸੇ ਕੀਜੈ ॥ ਬਿਨੁ ਰਘੁਨਾਥ ਸਰਨਿ ਕਾ ਕੀ ਲੀਜੈ ॥੬॥੧॥ {ਪੰਨਾ ੭੧੦}

ਪਦ ਅਰਥ :—ਨਾਥ—ਹੇ ਨਾਥ! ਹੇ ਪ੍ਰਭੂ! ਨ ਜਾਨਉ—ਮੈਂ ਨਹੀਂ ਜਾਣਦਾ । ਕਛੂਅ ਨ ਜਾਨਉ—ਮੈਂ ਕੁਝ ਭੀ ਨਹੀਂ ਜਾਣਦਾ, ਮੈਨੂੰ ਕੁਛ ਭੀ ਨਹੀਂ ਅਹੁੜਦਾ, ਮੇਰੀ ਕੋਈ ਪੇਸ਼ ਨਹੀਂ ਜਾਂਦੀ । ਬਿਕਾਨਉ—ਮੈਂ ਵੇਚ ਦਿੱਤਾ ਹੈ ।੧।ਰਹਾਉ।

ਕਹੀਅਤ ਹੌ—ਤੂੰ ਅਖਵਾਉਂਦਾ ਹੈਂ । ਕਾਮੀ—ਵਿਸ਼ਈ ।੧।

ਪੰਚਨ—ਕਾਮਾਦਿਕ ਪੰਜ ਵਿਕਾਰਾਂ ਨੇ । ਜੁ—ਇਤਨ-ਕੁ । ਤੇ—ਤੋਂ । ਅੰਤਰੁ—ਵਿੱਥ ।੨।

ਜਤ—ਜਿੱਧਰ । ਦੇਖਉ—ਮੈਂ ਵੇਖਦਾ ਹਾਂ । ਰਾਸੀ—ਖਾਣ, ਸਾਮਾਨ । ਨ ਪਤ੍ਯ੍ਯਾਇ—ਪਤੀਜਦਾ ਨਹੀਂ, ਮੰਨਦਾ ਨਹੀਂ । ਨਿਗਮ—ਵੇਦ ਆਦਿਕ ਧਰਮ-ਪੁਸਤਕ । ਸਾਖੀ—ਗਵਾਹ ।੩।

ਗੋਤਮ ਨਾਰਿ—ਗੌਤਮ ਦੀ ਵਹੁਟੀ, ਅਹੱਲਿਆ । ਉਮਾਪਤਿ—ਪਾਰਵਤੀ ਦਾ ਪਤੀ, ਸ਼ਿਵ । ਸੀਸੁ ਧਰਨਿ—(ਬ੍ਰਹਮਾ ਦਾ) ਸਿਰ ਧਾਰਨ ਵਾਲਾ ਸ਼ਿਵ (ਨੋਟ :—ਜਦੋਂ ਬ੍ਰਹਮਾ ਆਪਣੀ ਹੀ ਧੀ ਉੱਤੇ ਮੋਹਿਤ ਹੋ ਗਿਆ, ਤੇ ਜਿੱਧਰ ਉਹ ਜਾਏ ਉੱਧਰ ਬ੍ਰਹਮਾ ਆਪਣਾ ਨਵਾਂ ਮੂੰਹ ਬਣਾਈ ਜਾਏ; ਉਹ ਅਕਾਸ਼ ਵੱਲ ਉੱਡ ਖਲੋਤੀ, ਬ੍ਰਹਮਾ ਨੇ ਪੰਜਵਾਂ ਮੂੰਹ ਉੱਪਰ ਵਲ ਬਣਾ ਲਿਆ । ਸ਼ਿਵ ਜੀ ਨੇ ਇਹ ਅੱਤ ਵੇਖ ਕੇ ਬ੍ਰਹਮਾ ਦਾ ਇਹ ਸਿਰ ਕੱਟ ਦਿਤਾ, ਪਰ ਬ੍ਰਹਮ-ਹਤਿਆ ਦਾ ਪਾਪ ਹੋ ਜਾਣ ਕਰਕੇ ਇਹ ਸਿਰ ਸ਼ਿਵ ਜੀ ਦੇ ਹੱਥਾਂ ਨਾਲ ਹੀ ਚੰਬੜ ਗਿਆ) । ਸਹਸ—ਹਜ਼ਾਰ । ਭਗ—ਤ੍ਰੀਮਤ ਦਾ ਗੁਪਤ ਅੰਗ । ਸਹਸ ਭਗ ਗਾਂਮੀ—ਹਜ਼ਾਰਾਂ ਭਗਾਂ ਦੇ ਨਿਸ਼ਾਨਾਂ ਵਾਲਾ (ਨੋਟ :—ਜਦੋਂ ਇੰਦਰ ਨੇ ਗੌਤਮ ਦੀ ਵਹੁਟੀ ਨਾਲ ਵਿਭਚਾਰ ਕੀਤਾ, ਤਾਂ ਗੌਤਮ ਦੇ ਸ੍ਰਾਪ ਨਾਲ ਉਸ ਦੇ ਪਿੰਡੇ ਤੇ ਹਜ਼ਾਰ ਭਗਾਂ ਬਣ ਗਈਆਂ) ।੪।

ਦੂਤਨ—ਦੂਤਾਂ ਨੇ, ਭੈੜਿਆਂ ਨੇ । ਖਲੁ—ਮੂਰਖ । ਬਧੁ—ਮਾਰ ਕੁਟਾਈ । ਬਧੁ ਕਰਿ ਮਾਰਿਓ—ਮਾਰ ਮਾਰ ਕੇ ਮਾਰਿਆ ਹੈ, ਬੁਰੀ ਤਰ੍ਹਾਂ ਮਾਰਿਆ ਹੈ ।੫।

ਕਹਿ—ਕਹੇ, ਆਖਦਾ ਹੈ । ਕਹਾ—ਕਿੱਥੇ (ਜਾਵਾਂ)? ਰਘੁਨਾਥ—ਪਰਮਾਤਮਾ ।੬।

ਅਰਥ :—ਹੇ ਪ੍ਰਭੂ! ਮੈਂ ਆਪਣਾ ਮਨ ਮਾਇਆ ਦੇ ਹੱਥ ਵੇਚ ਚੁਕਿਆ ਹਾਂ, ਮੇਰੀ ਇਸ ਅੱਗੇ (ਹੁਣ) ਕੋਈ ਪੇਸ਼ ਨਹੀਂ ਜਾਂਦੀ ।੧।ਰਹਾਉ।

ਹੇ ਨਾਥ! ਤੂੰ ਜਗਤ ਦਾ ਖਸਮ ਅਖਵਾਉਂਦਾ ਹੈਂ, ਅਸੀ ਕਲਜੁਗੀ ਵਿਸ਼ਈ ਜੀਵ ਹਾਂ (ਮੇਰੀ ਸਹਾਇਤਾ ਕਰ) ।੧।

(ਕਾਮਾਦਿਕ) ਇਹਨਾਂ ਪੰਜਾਂ ਨੇ ਹੀ ਮੇਰਾ ਮਨ ਇਤਨਾ ਵਿਗਾੜ ਦਿੱਤਾ ਹੈ ਕਿ ਹਰ ਦਮ ਮੇਰੀ ਪਰਮਾਤਮਾ ਨਾਲੋਂ ਵਿੱਥ ਪਵਾ ਰਹੇ ਹਨ ।੨।

(ਇਹਨਾਂ ਨੇ ਜਗਤ ਨੂੰ ਬੜਾ ਖ਼ੁਆਰ ਕੀਤਾ ਹੈ) ਮੈਂ ਜਿੱਧਰ ਵੇਖਦਾ ਹਾਂ, ਉੱਧਰ ਦੁੱਖਾਂ ਦੀ ਰਾਸਿ-ਪੂੰਜੀ ਬਣੀ ਪਈ ਹੈ । ਇਹ ਵੇਖ ਕੇ ਭੀ (ਕਿ ਵਿਕਾਰਾਂ ਦਾ ਸਿੱਟਾ ਹੈ ਦੁੱਖ) ਮੇਰਾ ਮਨ ਮੰਨਿਆ ਨਹੀਂ, ਵੇਦਾਦਿਕ ਧਰਮ-ਪੁਸਤਕ ਭੀ (ਸਾਖੀਆਂ ਦੀ ਰਾਹੀਂ) ਇਹੀ ਗਵਾਹੀ ਦੇ ਰਹੇ ਹਨ ।੩।

ਗੌਤਮ ਦੀ ਵਹੁਟੀ ਅਹੱਲਿਆ, ਪਾਰਵਤੀ ਦਾ ਪਤੀ ਸ਼ਿਵ, ਬ੍ਰਹਮਾ, ਹਜ਼ਾਰ ਭਗਾਂ ਦੇ ਚਿੰਨ੍ਹ ਵਾਲਾ ਇੰਦਰ—(ਇਹਨਾਂ ਸਭਨਾਂ ਨੂੰ ਇਹਨਾਂ ਪੰਜਾਂ ਨੇ ਹੀ ਖ਼ੁਆਰ ਕੀਤਾ) ।੪।

ਇਹਨਾਂ ਚੰਦ੍ਰਿਆਂ ਨੇ (ਮੇਰੇ) ਮੂਰਖ (ਮਨ) ਨੂੰ ਬੁਰੀ ਤਰ੍ਹਾਂ ਮਾਰ ਕੀਤੀ ਹੈ, ਪਰ ਇਹ ਮਨ ਬੜਾ ਬੇ-ਸ਼ਰਮ ਹੈ, ਅਜੇ ਭੀ ਵਿਕਾਰਾਂ ਵਲੋਂ ਮੁੜਿਆ ਨਹੀਂ ।੫।

ਰਵਿਦਾਸ ਆਖਦਾ ਹੈ—ਹੋਰ ਕਿੱਥੇ ਜਾਵਾਂ? ਹੋਰ ਕੀਹ ਕਰਾਂ? (ਇਹਨਾਂ ਵਿਕਾਰਾਂ ਤੋਂ ਬਚਣ ਲਈ) ਪਰਮਾਤਮਾ ਤੋਂ ਬਿਨਾ ਹੋਰ ਕਿਸੇ ਦਾ ਆਸਰਾ ਲਿਆ ਨਹੀਂ ਜਾ ਸਕਦਾ ।੬।੧।

ਨੋਟ :—ਇਸ ਸ਼ਬਦ ਵਿਚ ਜਿਸ ਨੂੰ ਲਫ਼ਜ਼ 'ਰਘੁਨਾਥ' ਨਾਲ ਯਾਦ ਕੀਤਾ ਹੈ, ਉਸ ਦੇ ਵਾਸਤੇ ਲਫ਼ਜ਼ 'ਜਗਤ-ਗੁਰ ਸੁਆਮੀ' ਭੀ ਵਰਤਿਆ ਹੈ । ਲਫ਼ਜ਼ 'ਰਘੁਨਾਥ' ਸਤਿਗੁਰੂ ਜੀ ਨੇ ਆਪ ਭੀ ਕਈ ਵਾਰੀ ਵਰਤਿਆ ਹੈ, ਪਰਮਾਤਮਾ ਦੇ ਅਰਥ ਵਿਚ ।

ਸ਼ਬਦ ਦਾ ਭਾਵ :—ਵਿਕਾਰਾਂ ਦੀ ਮਾਰ ਤੋਂ ਬਚਣ ਲਈ ਪਰਮਾਤਮਾ ਦਾ ਆਸਰਾ ਲੈਣਾ ਹੀ ਇਕੋ ਇਕ ਤਰੀਕਾ ਹੈ ।

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥
ਰਾਗੁ ਟੋਡੀ ਮਹਲਾ ੪ ਘਰੁ ੧॥

ਹਰਿ ਬਿਨੁ ਰਹਿ ਨ ਸਕੈ ਮਨੁ ਮੇਰਾ ॥ ਮੇਰੇ ਪ੍ਰੀਤਮ ਪ੍ਰਾਨ ਹਰਿ ਪ੍ਰਭੁ ਗੁਰੁ ਮੇਲੇ ਬਹੁਰਿ ਨ ਭਵਜਲਿ ਫੇਰਾ ॥੧॥ ਰਹਾਉ ॥ ਮੇਰੈ ਹੀਅਰੈ ਲੋਚ ਲਗੀ ਪ੍ਰਭ ਕੇਰੀ ਹਰਿ ਨੈਨਹੁ ਹਰਿ ਪ੍ਰਭ ਹੇਰਾ ॥ ਸਤਿਗੁਰਿ ਦਇਆਲਿ ਹਰਿ ਨਾਮੁ ਦ੍ਰਿੜਾਇਆ ਹਰਿ ਪਾਧਰੁ ਹਰਿ ਪ੍ਰਭ ਕੇਰਾ ॥੧॥ ਹਰਿ ਰੰਗੀ ਹਰਿ ਨਾਮੁ ਪ੍ਰਭ ਪਾਇਆ ਹਰਿ ਗੋਵਿੰਦ ਹਰਿ ਪ੍ਰਭ ਕੇਰਾ ॥ ਹਰਿ ਹਿਰਦੈ ਮਨਿ ਤਨਿ ਮੀਠਾ ਲਾਗਾ ਮੁਖਿ ਮਸਤਕਿ ਭਾਗੁ ਚੰਗੇਰਾ ॥੨॥ ਲੋਭ ਵਿਕਾਰ ਜਿਨਾ ਮਨੁ ਲਾਗਾ ਹਰਿ ਵਿਸਰਿਆ ਪੁਰਖੁ ਚੰਗੇਰਾ ॥ ਓਇ ਮਨਮੁਖ ਮੂੜ ਅਗਿਆਨੀ ਕਹੀਅਹਿ ਤਿਨ ਮਸਤਕਿ ਭਾਗੁ ਮੰਦੇਰਾ ॥੩॥ ਬਿਬੇਕ ਬੁਧਿ ਸਤਿਗੁਰ ਤੇ ਪਾਈ ਗੁਰ ਗਿਆਨੁ ਗੁਰੂ ਪ੍ਰਭ ਕੇਰਾ ॥ ਜਨ ਨਾਨਕ ਨਾਮੁ ਗੁਰੂ ਤੇ ਪਾਇਆ ਧੁਰਿ ਮਸਤਕਿ ਭਾਗੁ ਲਿਖੇਰਾ ॥੪॥੧॥ {ਪੰਨਾ ੭੧੧}

ਪਦ ਅਰਥ :—ਮੇਲੇ—(ਜਿਸ ਨੂੰ) ਮਿਲਾ ਦੇਂਦਾ ਹੈ । ਬਹੁਰਿ—ਮੁੜ । ਭਵਜਲਿ—ਸੰਸਾਰ-ਸਮੁੰਦਰ ਵਿਚ ।੧।ਰਹਾਉ।

ਹੀਅਰੈ—ਹਿਰਦੇ ਵਿਚ । ਲੋਚ—ਤਾਂਘ । ਕੇਰੀ—ਦੀ । ਨੈਨਹੁ—ਅੱਖਾਂ ਨਾਲ । ਹੇਰਾ—ਹੇਰਾਂ, ਮੈਂ ਵੇਖਾਂ । ਸਤਿਗੁਰਿ—ਗੁਰੂ ਨੇ । ਦਇਆਲਿ—ਦਇਆਲ ਨੇ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ । ਪਾਧਰੁ—ਪੱਧਰਾ ਰਾਹ । ਕੇਰਾ—ਦਾ, ਮਿਲਣ ਦਾ ।੧।

ਰੰਗੀ—ਅਨੇਕਾਂ ਰੰਗਾਂ-ਕੌਤਕਾਂ ਦਾ ਮਾਲਕ । ਮਨਿ—ਮਨ ਵਿਚ । ਤਨਿ—ਤਨ ਵਿਚ । ਮੁਖਿ—ਮੂੰਹ ਉੱਤੇ । ਮਸਤਕਿ—ਮੱਥੇ ਉੱਤੇ ।੨।

ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਮੂੜ—ਮੂਰਖ । ਕਹੀਅਹਿ—ਆਖੇ ਜਾਂਦੇ ਹਨ । ਅਗਿਆਨੀ—ਆਤਮਕ ਜੀਵਨ ਵਲੋਂ ਬੇ-ਸਮਝ ।੩।

ਬਿਬੇਕ ਬੁਧਿ—(ਚੰਗੇ ਮੰਦੇ ਦੀ) ਪਰਖ ਕਰਨ ਵਾਲੀ ਅਕਲ । ਤੇ—ਤੋਂ, ਪਾਸੋਂ । ਗਿਆਨੁ—ਆਤਮਕ ਜੀਵਨ ਦੀ ਸੂਝ । ਧੁਰਿ—ਧੁਰ ਦਰਗਾਹ ਤੋਂ । ਲਿਖੇਰਾ—ਲਿਖਿਆ ਹੋਇਆ ।੪।

ਅਰਥ :—ਹੇ ਭਾਈ! ਮੇਰਾ ਮਨ ਪਰਮਾਤਮਾ ਦੀ ਯਾਦ ਤੋਂ ਬਿਨਾ ਰਹਿ ਨਹੀਂ ਸਕਦਾ । ਗੁਰੂ (ਜਿਸ ਮਨੁੱਖ ਨੂੰ) ਜਿੰਦ ਦਾ ਪਿਆਰਾ ਪ੍ਰਭੂ ਮਿਲਾ ਦੇਂਦਾ ਹੈ, ਉਸ ਨੂੰ ਸੰਸਾਰ-ਸਮੁੰਦਰ ਵਿਚ ਮੁੜ ਨਹੀਂ ਆਉਣਾ ਪੈਂਦਾ ।੧।ਰਹਾਉ।

ਹੇ ਭਾਈ! ਮੇਰੇ ਹਿਰਦੇ ਵਿਚ ਪ੍ਰਭੂ (ਦੇ ਮਿਲਾਪ) ਦੀ ਤਾਂਘ ਲੱਗੀ ਹੋਈ ਸੀ (ਮੇਰਾ ਜੀ ਕਰਦਾ ਸੀ ਕਿ) ਮੈਂ (ਆਪਣੀਆਂ) ਅੱਖਾਂ ਨਾਲ ਹਰੀ-ਪ੍ਰਭੂ ਨੂੰ ਵੇਖ ਲਵਾਂ । ਦਇਆਲ ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ—ਇਹੀ ਹੈ ਹਰੀ-ਪ੍ਰਭੂ (ਨੂੰ ਮਿਲਣ) ਦਾ ਪੱਧਰਾ ਰਸਤਾ ।੧।

ਹੇ ਭਾਈ! ਅਨੇਕਾਂ ਕੌਤਕਾਂ ਦੇ ਮਾਲਕ ਹਰੀ ਪ੍ਰਭੂ ਗੋਬਿੰਦ ਦਾ ਨਾਮ ਜਿਸ ਮਨੁੱਖ ਨੇ ਪ੍ਰਾਪਤ ਕਰ ਲਿਆ, ਉਸ ਦੇ ਹਿਰਦੇ ਵਿਚ, ਉਸ ਦੇ ਮਨ ਵਿਚ ਸਰੀਰ ਵਿਚ, ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸ ਦੇ ਮੱਥੇ ਉੱਤੇ ਮੂੰਹ ਉੱਤੇ ਚੰਗਾ ਭਾਗ ਜਾਗ ਪੈਂਦਾ ਹੈ ।੨।

ਪਰ, ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਮਨ ਲੋਭ ਆਦਿਕ ਵਿਕਾਰਾਂ ਵਿਚ ਮਸਤ ਰਹਿੰਦਾ ਹੈ, ਉਹਨਾਂ ਨੂੰ ਚੰਗਾ ਅਕਾਲ ਪੁਰਖ ਭੁੱਲਿਆ ਰਹਿੰਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਹ ਮਨੁੱਖ ਮੂਰਖ ਕਹੇ ਜਾਂਦੇ ਹਨ, ਆਤਮਕ ਜੀਵਨ ਵਲੋਂ ਬੇ-ਸਮਝ ਆਖੇ ਜਾਂਦੇ ਹਨ । ਉਹਨਾਂ ਦੇ ਮੱਥੇ ਉਤੇ ਮੰਦੀ ਕਿਸਮਤ

(ਉੱਘੜੀ ਹੋਈ ਸਮਝ ਲਵੋ) ।੩।

ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਧੁਰੋਂ ਲਿਖਿਆ ਚੰਗਾ ਭਾਗ ਉੱਘੜ ਪਿਆ, ਉਹਨਾਂ ਨੇ ਗੁਰੂ ਪਾਸੋਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ, ਉਹਨਾਂ ਨੇ ਗੁਰੂ ਪਾਸੋਂ ਚੰਗੇ ਮੰਦੇ ਕੰਮ ਦੀ ਪਰਖ ਕਰਨ ਵਾਲੀ ਅਕਲ ਹਾਸਲ ਕਰ ਲਈ, ਉਹਨਾਂ ਨੇ ਪਰਮਾਤਮਾ ਦੇ ਮਿਲਾਪ ਵਾਸਤੇ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰ ਲਈ ।੪।੧।

ਟੋਡੀ ਮਹਲਾ ੫ ਘਰੁ ੧ ਦੁਪਦੇ
ੴ ਸਤਿਗੁਰ ਪ੍ਰਸਾਦਿ ॥ ਸੰਤਨ ਅਵਰ ਨ ਕਾਹੂ ਜਾਨੀ ॥ ਬੇਪਰਵਾਹ ਸਦਾ ਰੰਗਿ ਹਰਿ ਕੈ ਜਾ ਕੋ ਪਾਖੁ ਸੁਆਮੀ ॥ ਰਹਾਉ ॥ ਊਚ ਸਮਾਨਾ ਠਾਕੁਰ ਤੇਰੋ ਅਵਰ ਨ ਕਾਹੂ ਤਾਨੀ ॥ ਐਸੋ ਅਮਰੁ ਮਿਲਿਓ ਭਗਤਨ ਕਉ ਰਾਚਿ ਰਹੇ ਰੰਗਿ ਗਿਆਨੀ ॥੧॥ ਰੋਗ ਸੋਗ ਦੁਖ ਜਰਾ ਮਰਾ ਹਰਿ ਜਨਹਿ ਨਹੀ ਨਿਕਟਾਨੀ ॥ ਨਿਰਭਉ ਹੋਇ ਰਹੇ ਲਿਵ ਏਕੈ ਨਾਨਕ ਹਰਿ ਮਨੁ ਮਾਨੀ ॥੨॥੧॥ {ਪੰਨਾ ੭੧੧}

ਪਦ ਅਰਥ :—ਅਵਰ ਕਾਹੂ—ਕਿਸੇ ਹੋਰ ਦੀ (ਮੁਥਾਜੀ) । ਹਰਿ ਕੈ ਰੰਗਿ—ਪਰਮਾਤਮਾ ਦੇ ਪਿਆਰ ਵਿਚ । ਜਾ ਕੋ—ਜਿਨ੍ਹਾਂ ਦਾ । ਪਾਖੁ—ਪੱਖ, ਮਦਦ ।ਰਹਾਉ।

ਸਮਾਨਾ—ਸ਼ਾਮਿਆਨਾ, ਸ਼ਾਹੀ ਠਾਠ । ਠਾਕੁਰ—ਹੇ ਠਾਕੁਰ! ਨ ਤਾਨੀ—ਨਹੀਂ ਤਾਣਿਆ ਹੋਇਆ । ਅਮਰੁ—ਅਟੱਲ ਪਰਮਾਤਮਾ । ਕਉ—ਨੂੰ । ਰਾਚਿ ਰਹੇ—ਮਸਤ ਰਹਿੰਦੇ ਹਨ । ਰੰਗਿ—ਪ੍ਰੇਮ ਵਿਚ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲੇ ।੧।

ਸੋਗ—ਚਿੰਤਾ । ਜਰਾ—ਬੁਢੇਪਾ, ਬੁਢੇਪੇ ਦਾ ਡਰ । ਮਰਾ—ਮੌਤ, ਮੌਤ ਦਾ ਡਰ । ਨਿਕਟਾਨੀ—ਨੇੜੇ । ਲਿਵ ਏਕੈ—ਇਕ ਵਿਚ ਹੀ ਸੁਰਤਿ ਜੋੜ ਕੇ । ਮਾਨੀ—ਮੰਨਿਆ ਰਹਿੰਦਾ ਹੈ, ਪਤੀਜ ਜਾਂਦਾ ਹੈ ।੨।

ਅਰਥ :—ਹੇ ਭਾਈ! ਜਿਨ੍ਹਾਂ ਦੀ ਮਦਦ ਪਰਮਾਤਮਾ ਕਰਦਾ ਹੈ ਉਹ ਸੰਤ ਜਨ ਕਿਸੇ ਹੋਰ ਦੀ (ਮੁਥਾਜੀ ਕਰਨੀ) ਨਹੀਂ ਜਾਣਦੇ । ਉਹ ਪਰਮਾਤਮਾ ਦੇ ਪਿਆਰ ਵਿਚ (ਟਿਕ ਕੇ) ਸਦਾ ਬੇ-ਪਰਵਾਹ ਰਹਿੰਦੇ ਹਨ ।ਰਹਾਉ।

(ਹੇ ਭਾਈ! ਉਹ ਸੰਤ ਜਨ ਇਉਂ ਆਖਦੇ ਰਹਿੰਦੇ ਹਨ—) ਹੇ ਮਾਲਕ-ਪ੍ਰਭੂ! ਤੇਰਾ ਸ਼ਾਮਿਆਨਾ (ਸਭ ਸ਼ਾਹਾਂ ਪਾਤਿਸ਼ਾਹਾਂ ਦੇ ਸ਼ਾਮਿਆਨਿਆਂ ਨਾਲੋਂ) ਉੱਚਾ ਹੈ, ਕਿਸੇ ਹੋਰ ਨੇ (ਇਤਨਾ ਉੱਚਾ ਸ਼ਾਮਿਆਨਾ ਕਦੇ) ਨਹੀਂ ਤਾਣਿਆ । ਹੇ ਭਾਈ! ਸੰਤ ਜਨਾਂ ਨੂੰ ਇਹੋ ਜਿਹਾ ਸਦਾ ਕਾਇਮ ਰਹਿਣ ਵਾਲਾ ਹਰੀ ਮਿਲਿਆ ਰਹਿੰਦਾ ਹੈ, ਆਤਮਕ ਜੀਵਨ ਦੀ ਸੂਝ ਵਾਲੇ ਉਹ ਸੰਤ ਜਨ (ਸਦਾ) ਪਰਮਾਤਮਾ ਦੇ ਪ੍ਰੇਮ ਵਿਚ ਹੀ ਮਸਤ ਰਹਿੰਦੇ ਹਨ ।੧।

ਹੇ ਨਾਨਕ! ਰੋਗ, ਚਿੰਤਾ-ਫ਼ਿਕਰ, ਬੁਢੇਪਾ, ਮੌਤ (—ਇਹਨਾਂ ਦੇ ਸਹਿਮ) ਪਰਮਾਤਮਾ ਦੇ ਸੇਵਕਾਂ ਦੇ ਨੇੜੇ ਭੀ ਨਹੀਂ ਢੁਕਦੇ । ਉਹ ਇਕ ਪਰਮਾਤਮਾ ਵਿਚ ਹੀ ਸੁਰਤਿ ਜੋੜ ਕੇ (ਦੁਨੀਆ ਦੇ ਡਰਾਂ ਵਲੋਂ) ਨਿਡਰ ਰਹਿੰਦੇ ਹਨ ਉਹਨਾਂ ਦਾ ਮਨ ਪ੍ਰਭੂ ਦੀ ਯਾਦ ਵਿਚ ਹੀ ਪਤੀਜਿਆ ਰਹਿੰਦਾ ਹੈ ।੨।੧।

ਟੋਡੀ ਮਹਲਾ ੫ ॥ ਹਰਿ ਬਿਸਰਤ ਸਦਾ ਖੁਆਰੀ ॥ ਤਾ ਕਉ ਧੋਖਾ ਕਹਾ ਬਿਆਪੈ ਜਾ ਕਉ ਓਟ ਤੁਹਾਰੀ ॥ ਰਹਾਉ ॥ ਬਿਨੁ ਸਿਮਰਨ ਜੋ ਜੀਵਨੁ ਬਲਨਾ ਸਰਪ ਜੈਸੇ ਅਰਜਾਰੀ ॥ ਨਵ ਖੰਡਨ ਕੋ ਰਾਜੁ ਕਮਾਵੈ ਅੰਤਿ ਚਲੈਗੋ ਹਾਰੀ ॥੧॥ ਗੁਣ ਨਿਧਾਨ ਗੁਣ ਤਿਨ ਹੀ ਗਾਏ ਜਾ ਕਉ ਕਿਰਪਾ ਧਾਰੀ ॥ ਸੋ ਸੁਖੀਆ ਧੰਨੁ ਉਸੁ ਜਨਮਾ ਨਾਨਕ ਤਿਸੁ ਬਲਿਹਾਰੀ ॥੨॥੨॥ {ਪੰਨਾ ੭੧੧-੭੧੨}

ਪਦ ਅਰਥ :—ਖੁਆਰੀ—ਬੇ-ਇੱਜ਼ਤੀ । ਕਉ—ਨੂੰ । ਕਹਾ ਬਿਆਪੈ—ਨਹੀਂ ਵਿਆਪ ਸਕਦਾ । ਓਟ—ਆਸਰਾ ।ਰਹਾਉ।

ਬਲਨਾ—ਬਿਤਾਨਾ, ਗੁਜ਼ਾਰਨਾ । ਅਰਜਾਰੀ—ਉਮਰ । ਨਵ ਖੰਡਨ ਕੋ ਰਾਜੁ—ਸਾਰੀ ਧਰਤੀ ਦਾ ਰਾਜ । ਅੰਤਿ—ਆਖ਼ਰ ਨੂੰ । ਹਾਰੀ—ਹਾਰਿ, (ਮਨੁੱਖਾ ਜੀਵਨ ਦੀ ਬਾਜ਼ੀ) ਹਾਰ ਕੇ ।੧।

ਗੁਣ ਨਿਧਾਨ ਗੁਣ—ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੇ ਗੁਣ । ਤਿਨ ਹੀ—ਉਸ ਨੇ ਹੀ {ਲਫ਼ਜ਼ 'ਤਿਨਿ' ਦੀ 'ਿ' ਕ੍ਰਿਆ-ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਤਿਨਿ ਹੀ । ਜਾ ਕਉ—ਜਿਸ ਉਤੇ । ਧਾਰੀ—ਕੀਤੀ । ਧੰਨੁ—ਮੁਬਾਰਿਕ । ਤਿਸੁ—ਬਲਿਹਾਰੀ—ਉਸ ਤੋਂ ਕੁਰਬਾਨ ।੨।

ਅਰਥ :—ਹੇ ਭਾਈ! ਪਰਮਾਤਮਾ (ਦੇ ਨਾਮ) ਨੂੰ ਭੁਲਾਇਆਂ ਸਦਾ (ਮਾਇਆ ਦੇ ਹੱਥੋਂ ਮਨੁੱਖ ਦੀ) ਬੇ-ਪਤੀ ਹੀ ਹੁੰਦੀ ਹੈ । ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਹੋਵੇ, ਉਸ ਨੂੰ (ਮਾਇਆ ਦੇ ਕਿਸੇ ਭੀ ਵਿਕਾਰ ਵੱਲੋਂ) ਧੋਖਾ ਨਹੀਂ ਲੱਗ ਸਕਦਾ ।ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜਿਤਨੀ ਭੀ ਜ਼ਿੰਦਗੀ ਗੁਜ਼ਾਰਨੀ ਹੈ (ਉਹ ਇਉਂ ਹੀ ਹੁੰਦੀ ਹੈ) ਜਿਵੇਂ ਸੱਪ (ਆਪਣੀ) ਉਮਰ ਗੁਜ਼ਾਰਦਾ ਹੈ (ਉਮਰ ਭਾਵੇਂ ਲੰਮੀ ਹੁੰਦੀ ਹੈ, ਪਰ ਉਹ ਸਦਾ ਆਪਣੇ ਅੰਦਰ ਜ਼ਹਿਰ ਪੈਦਾ ਕਰਦਾ ਰਹਿੰਦਾ ਹੈ) । (ਸਿਮਰਨ ਤੋਂ ਵਾਂਜਿਆ ਹੋਇਆ ਮਨੁੱਖ ਜੇ) ਸਾਰੀ ਧਰਤੀ ਦਾ ਰਾਜ ਭੀ ਕਰਦਾ ਰਹੇ, ਤਾਂ ਭੀ ਆਖ਼ਰ ਮਨੁੱਖਾ ਜੀਵਨ ਦੀ ਬਾਜ਼ੀ ਹਾਰ ਕੇ ਹੀ ਜਾਂਦਾ ਹੈ ।੧।

ਹੇ ਨਾਨਕ! (ਆਖ—ਹੇ ਭਾਈ!) ਗੁਣਾਂ ਦੇ ਖ਼ਜ਼ਾਨੇ ਹਰੀ ਦੇ ਗੁਣ ਉਸ ਮਨੁੱਖ ਨੇ ਹੀ ਗਾਏ ਹਨ ਜਿਸ ਉਤੇ ਹਰੀ ਨੇ ਮੇਹਰ ਕੀਤੀ ਹੈ । ਉਹ ਮਨੁੱਖ ਸਦਾ ਸੁਖੀ ਜੀਵਨ ਬਿਤੀਤ ਕਰਦਾ ਹੈ, ਉਸ ਦੀ ਜ਼ਿੰਦਗੀ ਮੁਬਾਰਿਕ ਹੁੰਦੀ ਹੈ । ਅਜੇਹੇ ਮਨੁੱਖ ਤੋਂ ਸਦਕੇ ਹੋਣਾ ਚਾਹੀਦਾ ਹੈ ।੨।੨।

ਟੋਡੀ ਮਹਲਾ ੫ ਘਰੁ ੨ ਚਉਪਦੇ
ੴ ਸਤਿਗੁਰ ਪ੍ਰਸਾਦਿ ॥ ਧਾਇਓ ਰੇ ਮਨ ਦਹਦਿਸ ਧਾਇਓ ॥ ਮਾਇਆ ਮਗਨ ਸੁਆਦਿ ਲੋਭਿ ਮੋਹਿਓ ਤਿਨਿ ਪ੍ਰਭਿ ਆਪਿ ਭੁਲਾਇਓ ॥ ਰਹਾਉ ॥ ਹਰਿ ਕਥਾ ਹਰਿ ਜਸ ਸਾਧ ਸੰਗਤਿ ਸਿਉ ਇਕੁ ਮੁਹਤੁ ਨ ਇਹੁ ਮਨੁ ਲਾਇਓ ॥ ਬਿਗਸਿਓ ਪੇਖਿ ਰੰਗੁ ਕਸੁੰਭ ਕੋ ਪਰਗ੍ਰਿਹ ਜੋਹਨਿ ਜਾਇਓ ॥੧॥ ਚਰਨ ਕਮਲ

ਸਿਉ ਭਾਉ ਨ ਕੀਨੋ ਨਹ ਸਤ ਪੁਰਖੁ ਮਨਾਇਓ ॥ ਧਾਵਤ ਕਉ ਧਾਵਹਿ ਬਹੁ ਭਾਤੀ ਜਿਉ ਤੇਲੀ ਬਲਦੁ ਭ੍ਰਮਾਇਓ ॥੨॥ ਨਾਮ ਦਾਨੁ ਇਸਨਾਨੁ ਨ ਕੀਓ ਇਕ ਨਿਮਖ ਨ ਕੀਰਤਿ ਗਾਇਓ ॥ ਨਾਨਾ ਝੂਠਿ ਲਾਇ ਮਨੁ ਤੋਖਿਓ ਨਹ ਬੂਝਿਓ ਅਪਨਾਇਓ ॥੩॥ ਪਰਉਪਕਾਰ ਨ ਕਬਹੂ ਕੀਏ ਨਹੀ ਸਤਿਗੁਰੁ ਸੇਵਿ ਧਿਆਇਓ ॥ ਪੰਚ ਦੂਤ ਰਚਿ ਸੰਗਤਿ ਗੋਸਟਿ ਮਤਵਾਰੋ ਮਦ ਮਾਇਓ ॥੪॥ ਕਰਉ ਬੇਨਤੀ ਸਾਧ ਸੰਗਤਿ ਹਰਿ ਭਗਤਿ ਵਛਲ ਸੁਣਿ ਆਇਓ ॥ ਨਾਨਕ ਭਾਗਿ ਪਰਿਓ ਹਰਿ ਪਾਛੈ ਰਾਖੁ ਲਾਜ ਅਪੁਨਾਇਓ ॥੫॥੧॥੩॥ {ਪੰਨਾ ੭੧੨}

ਪਦ ਅਰਥ :—ਰੇ ਮਨ—ਹੇ ਮਨ! ਦਹ ਦਿਸ—ਦਸੀਂ ਪਾਸੀਂ । ਸੁਆਦਿ—ਸੁਆਦ ਵਿਚ । ਲੋਭਿ—ਲੋਭ ਵਿਚ । ਤਿਨਿ—ਉਸ ਨੇ । ਤਿਨਿ ਪ੍ਰਭਿ—ਉਸ ਪ੍ਰਭੂ ਨੇ । ਭੁਲਾਇਓ—ਕੁਰਾਹੇ ਪਾ ਦਿੱਤਾ ਹੈ ।ਰਹਾਉ।

ਜਸ ਸਿਉ—ਸਿਫ਼ਤਿ-ਸਾਲਾਹ ਨਾਲ । ਮੁਹਤੁ—ਮੁਹੂਰਤ, ਅੱਧੀ ਘੜੀ {ਮੁਹੁਤ਼} । ਬਿਗਸਿਓ—ਖ਼ੁਸ਼ ਹੁੰਦਾ ਹੈ । ਪੇਖਿ—ਵੇਖ ਕੇ । ਕੋ—ਦਾ । ਪਰ ਗ੍ਰਿਹ—ਪਰਾਏ ਘਰ । ਜੋਹਨਿ—ਤੱਕਣ ਵਾਸਤੇ ।੧।

ਭਾਉ—ਪਿਆਰ । ਸਤ ਪੁਰਖੁ—ਮਹਾ ਪੁਰਖ, ਗੁਰੂ । ਮਨਾਇਓ—ਪ੍ਰਸੰਨ ਕੀਤਾ । ਧਾਵਤ ਕਉ—ਨਾਸਵੰਤ (ਪਦਾਰਥਾਂ) ਦੀ ਖ਼ਾਤਰ । ਧਾਵਹਿ—ਤੂੰ ਦੌੜਦਾ ਹੈਂ । ਬਹੁ ਭਾਤੀ—ਕਈ ਤਰੀਕਿਆਂ ਨਾਲ ।੨।

ਇਸਨਾਨੁ—ਪਵਿਤ੍ਰ ਜੀਵਨ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ । ਕੀਰਤਿ—ਸਿਫ਼ਤਿ-ਸਾਲਾਹ । ਨਾਨਾ—ਕਈ ਕਿਸਮਾਂ ਦੇ । ਝੂਠਿ—ਝੂਠ ਵਿਚ । ਤੋਖਿਓ—ਖ਼ੁਸ਼ ਕੀਤਾ । ਅਪਨਾਇਓ—ਆਪਣੀ ਅਸਲ ਚੀਜ਼ ਨੂੰ ।੩।

ਸੇਵਿ—ਸੇਵਾ ਕਰ ਕੇ, ਸਰਨ ਪੈ ਕੇ । ਗੋਸਟਿ—ਮੇਲ-ਮਿਲਾਪ । ਮਤਵਾਰੋ—ਮਤ-ਵਾਲਾ, ਮਸਤ । ਮਦ—ਨਸ਼ਾ ।੪।

ਕਰਉ—ਕਰਉਂ, ਮੈਂ ਕਰਦਾ ਹਾਂ । ਭਗਤਿ ਵਛਲ—ਭਗਤੀ ਨਾਲ ਪਿਆਰ ਕਰਨ ਵਾਲਾ । ਭਾਗਿ—ਭੱਜ ਕੇ । ਲਾਜ—ਇੱਜ਼ਤ ।੫।

ਅਰਥ :—ਹੇ ਮਨ! ਜੀਵ ਦਸੀਂ ਪਾਸੀਂ ਦੌੜਦਾ ਫਿਰਦਾ ਹੈ, ਮਾਇਆ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਲੋਭ ਵਿਚ ਮੋਹਿਆ ਰਹਿੰਦਾ ਹੈ, (ਪਰ ਜੀਵ ਦੇ ਭੀ ਕੀਹ ਵੱਸ?) ਉਸ ਪ੍ਰਭੂ ਨੇ ਆਪ ਹੀ ਇਸ ਨੂੰ ਕੁਰਾਹੇ ਪਾ ਰੱਖਿਆ ਹੈ ।ਰਹਾਉ।

ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਨਾਲ, ਸਾਧ ਸੰਗਤਿ ਨਾਲ, ਇਕ ਪਲ ਵਾਸਤੇ ਭੀ ਆਪਣਾ ਇਹ ਮਨ ਨਹੀਂ ਜੋੜਦਾ । ਕਸੁੰਭੇ ਦੇ ਫੁੱਲ ਦੇ ਰੰਗ ਵੇਖ ਕੇ ਖ਼ੁਸ਼ ਹੁੰਦਾ ਹੈ, ਪਰਾਏ ਘਰ ਤੱਕਣ ਤੁਰ ਪੈਂਦਾ ਹੈ ।੧।

ਹੇ ਮਨ! ਤੂੰ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਪਿਆਰ ਨਹੀਂ ਪਾਇਆ, ਤੂੰ ਗੁਰੂ ਨੂੰ ਪ੍ਰਸੰਨ ਨਹੀਂ ਕੀਤਾ । ਨਾਸਵੰਤ ਪਦਾਰਥਾਂ ਦੀ ਖ਼ਾਤਰ ਤੂੰ ਦੌੜਦਾ ਫਿਰਦਾ ਹੈਂ (ਇਹ ਤੇਰੀ ਭਟਕਣਾ ਕਦੇ ਮੁੱਕਦੀ ਨਹੀਂ) ਜਿਵੇਂ ਤੇਲੀ ਦਾ ਬਲਦ (ਕੋਹਲੂ ਅੱਗੇ ਜੁੱਪ ਕੇ) ਤੁਰਦਾ ਰਹਿੰਦਾ ਹੈ (ਉਸ ਕੋਹਲੂ ਦੇ ਦੁਆਲੇ ਹੀ ਉਸ ਦਾ ਪੈਂਡਾ ਮੁੱਕਦਾ ਨਹੀਂ, ਮੁੜ ਮੁੜ ਉਸੇ ਦੇ ਦੁਆਲੇ ਤੁਰਿਆ ਫਿਰਦਾ ਹੈ) ।੨।

ਹੇ ਮਨ! (ਮਾਇਆ ਦੇ ਸੁਆਦ ਵਿਚ ਮਸਤ ਮਨੁੱਖ) ਪ੍ਰਭੂ ਦਾ ਨਾਮ ਨਹੀਂ ਜਪਦਾ, ਸੇਵਾ ਨਹੀਂ ਕਰਦਾ, ਜੀਵਨ ਪਵਿਤ੍ਰ ਨਹੀਂ ਬਣਾਂਦਾ, ਇਕ ਪਲ ਭਰ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕਰਦਾ । ਕਈ ਕਿਸਮ ਦੇ ਨਾਸਵੰਤ (ਜਗਤ) ਵਿਚ ਆਪਣੇ ਮਨ ਨੂੰ ਜੋੜ ਕੇ ਸੰਤੁਸ਼ਟ ਰਹਿੰਦਾ ਹੈ, ਆਪਣੇ ਅਸਲ ਪਦਾਰਥ ਨੂੰ ਨਹੀਂ ਪਛਾਣਦਾ ।੩।

ਹੇ ਮਨ! (ਮਾਇਆ-ਮਗਨ ਮਨੁੱਖ) ਕਦੇ ਹੋਰਨਾਂ ਦੀ ਸੇਵਾ-ਭਲਾਈ ਨਹੀਂ ਕਰਦਾ, ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਨਹੀਂ ਸਿਮਰਦਾ, (ਕਾਮਾਦਿਕ) ਪੰਜਾਂ ਵੈਰੀਆਂ ਨਾਲ ਸਾਥ ਬਣਾਈ ਰੱਖਦਾ ਹੈ, ਮੇਲ-ਮਿਲਾਪ ਰੱਖਦਾ ਹੈ, ਮਾਇਆ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ ।੪।

ਹੇ ਨਾਨਕ! (ਆਖ—) ਮੈਂ (ਤਾਂ) ਸਾਧ ਸੰਗਤਿ ਵਿਚ ਜਾ ਕੇ ਬੇਨਤੀ ਕਰਦਾ ਹਾਂ—ਹੇ ਹਰੀ! ਮੈਂ ਇਹ ਸੁਣ ਕੇ ਤੇਰੀ ਸਰਨ ਆਇਆ ਹਾਂ ਕਿ ਤੂੰ ਭਗਤੀ ਨਾਲ ਪਿਆਰ ਕਰਨ ਵਾਲਾ ਹੈਂ । ਮੈਂ ਦੌੜ ਕੇ ਪ੍ਰਭੂ ਦੇ ਦਰ ਤੇ ਆ ਪਿਆ ਹਾਂ (ਤੇ ਬੇਨਤੀ ਕਰਦਾ ਹਾਂ—ਹੇ ਪ੍ਰਭੂ!) ਮੈਨੂੰ ਆਪਣਾ ਬਣਾ ਕੇ ਮੇਰੀ ਇੱਜ਼ਤ ਰੱਖ ।੫।੧।੩।

ਟੋਡੀ ਮਹਲਾ ੫ ॥ ਮਾਨੁਖੁ ਬਿਨੁ ਬੂਝੇ ਬਿਰਥਾ ਆਇਆ ॥ ਅਨਿਕ ਸਾਜ ਸੀਗਾਰ ਬਹੁ ਕਰਤਾ ਜਿਉ ਮਿਰਤਕੁ ਓਢਾਇਆ ॥ ਰਹਾਉ ॥ ਧਾਇ ਧਾਇ ਕ੍ਰਿਪਨ ਸ੍ਰਮੁ ਕੀਨੋ ਇਕਤ੍ਰ ਕਰੀ ਹੈ ਮਾਇਆ ॥ ਦਾਨੁ ਪੁੰਨੁ ਨਹੀ ਸੰਤਨ ਸੇਵਾ ਕਿਤ ਹੀ ਕਾਜਿ ਨ ਆਇਆ ॥੧॥ ਕਰਿ ਆਭਰਣ ਸਵਾਰੀ ਸੇਜਾ ਕਾਮਨਿ ਥਾਟੁ ਬਨਾਇਆ ॥ ਸੰਗੁ ਨ ਪਾਇਓ ਅਪੁਨੇ ਭਰਤੇ ਪੇਖਿ ਪੇਖਿ ਦੁਖੁ ਪਾਇਆ ॥੨॥ ਸਾਰੋ ਦਿਨਸੁ ਮਜੂਰੀ ਕਰਤਾ ਤੁਹੁ ਮੂਸਲਹਿ ਛਰਾਇਆ ॥ ਖੇਦੁ ਭਇਓ ਬੇਗਾਰੀ ਨਿਆਈ ਘਰ ਕੈ ਕਾਮਿ ਨ ਆਇਆ ॥੩॥ ਭਇਓ ਅਨੁਗ੍ਰਹੁ ਜਾ ਕਉ ਪ੍ਰਭ ਕੋ ਤਿਸੁ ਹਿਰਦੈ ਨਾਮੁ ਵਸਾਇਆ ॥ ਸਾਧਸੰਗਤਿ ਕੈ ਪਾਛੈ ਪਰਿਅਉ ਜਨ ਨਾਨਕ ਹਰਿ ਰਸੁ ਪਾਇਆ ॥੪॥੨॥੪॥ {ਪੰਨਾ ੭੧੨}

ਪਦ ਅਰਥ :—ਸਾਜ ਸੀਗਾਰ—ਸਿੰਗਾਰ ਦੀਆਂ ਬਨਾਵਟਾਂ । ਮਿਰਤਕੁ—ਮੁਰਦਾ ।ਰਹਾਉ।

ਧਾਇ—ਦੌੜ ਕੇ । ਕ੍ਰਿਪਨ—ਕੰਜੂਸ । ਸ੍ਰਮੁ—ਮੇਹਨਤ । ਕਿਤ ਹੀ ਕਾਜਿ—ਕਿਸੇ ਭੀ ਕੰਮ ਵਿਚ ।੧।

ਆਭਰਣ—ਗਹਣੇ । ਕਾਮਨਿ—ਇਸਤ੍ਰੀ । ਥਾਟੁ—ਬਣਤਰ । ਸੰਗੁ—ਮਿਲਾਪ । ਪੇਖਿ—ਵੇਖ ਕੇ ।੨।

ਮੂਸਲਹਿ—ਮੂਹਲੀ ਨਾਲ । ਖੇਦੁ—ਦੁੱਖ । ਨਿਆਈ—ਜਿਵੇਂ । ਘਰ ਕੈ ਕਾਮਿ—ਆਪਣੇ ਘਰ ਦੇ ਕੰਮ ਵਿਚ ।੩।

ਅਨੁਗ੍ਰਹੁ—ਕਿਰਪਾ । ਜਾ ਕਉ—ਜਿਸ (ਮਨੁੱਖ) ਉਤੇ । ਕੋ—ਦੀ । ਹਿਰਦੈ—ਹਿਰਦੇ ਵਿਚ । ਕੈ ਪਾਛੈ—ਦੀ ਸਰਨ ।੪।

ਅਰਥ :—ਹੇ ਭਾਈ! (ਜਨਮ-ਮਨੋਰਥ ਨੂੰ) ਸਮਝਣ ਤੋਂ ਬਿਨਾ ਮਨੁੱਖ (ਜਗਤ ਵਿਚ) ਆਇਆ ਵਿਅਰਥ ਹੀ ਜਾਣੋ । (ਜਨਮ-ਮਨੋਰਥ ਦੀ ਸੂਝ ਤੋਂ ਬਿਨਾ ਜੇ ਮਨੁੱਖ ਆਪਣੇ ਸਰੀਰ ਵਾਸਤੇ) ਅਨੇਕਾਂ ਸਿੰਗਾਰਾਂ ਦੀਆਂ ਬਨਾਵਟਾਂ ਕਰਦਾ ਹੈ (ਤਾਂ ਇਉਂ ਹੀ ਹੈ) ਜਿਵੇਂ ਮੁਰਦੇ ਨੂੰ ਕਪੜੇ ਪਾਏ ਜਾ ਰਹੇ ਹਨ ।ਰਹਾਉ।

(ਹੇ ਭਾਈ! ਜੀਵਨ-ਮਨੋਰਥ ਦੀ ਸੂਝ ਤੋਂ ਬਿਨਾ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਸ਼ੂਮ ਦੌੜ-ਭੱਜ ਕਰ ਕਰ ਕੇ ਮੇਹਨਤ ਕਰਦਾ ਹੈ, ਮਾਇਆ ਜੋੜਦਾ ਹੈ, (ਪਰ ਉਸ ਮਾਇਆ ਨਾਲ) ਉਹ ਦਾਨ-ਪੁੰਨ ਨਹੀਂ ਕਰਦਾ, ਸੰਤ ਜਨਾਂ ਦੀ ਸੇਵਾ ਭੀ ਨਹੀਂ ਕਰਦਾ । ਉਹ ਧਨ ਉਸ ਦੇ ਕਿਸੇ ਭੀ ਕੰਮ ਨਹੀਂ ਆਉਂਦਾ ।੧।

(ਹੇ ਭਾਈ! ਆਤਮਕ ਜੀਵਨ ਦੀ ਸੂਝ ਤੋਂ ਬਿਨਾ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਇਸਤ੍ਰੀ ਗਹਣੇ ਪਾ ਕੇ ਆਪਣੀ ਸੇਜ ਸਵਾਰਦੀ ਹੈ, (ਸੁੰਦਰਤਾ ਦਾ) ਅਡੰਬਰ ਕਰਦੀ ਹੈ, ਪਰ ਉਸ ਨੂੰ ਆਪਣੇ ਖਸਮ ਦਾ ਮਿਲਾਪ ਹਾਸਲ ਨਹੀਂ ਹੁੰਦਾ । (ਉਹਨਾਂ ਗਹਣਿਆਂ ਆਦਿ ਨੂੰ) ਵੇਖ ਵੇਖ ਕੇ ਉਸ ਨੂੰ ਸਗੋਂ ਦੁੱਖ ਪ੍ਰਤੀਤ ਹੁੰਦਾ ਹੈ ।੨।

(ਨਾਮ-ਹੀਣ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਮਨੁੱਖ ਸਾਰਾ ਦਿਨ (ਇਹ) ਮਜੂਰੀ ਕਰਦਾ ਹੈ (ਕਿ) ਮੂਹਲੀ ਨਾਲ ਤੁਹ ਹੀ ਛੜਦਾ ਰਹਿੰਦਾ ਹੈ (ਜਾਂ) ਕਿਸੇ ਵਿਗਾਰੀ ਨੂੰ (ਵਿਗਾਰ ਵਿਚ ਨਿਰਾ) ਕਸ਼ਟ ਹੀ ਮਿਲਦਾ ਹੈ । (ਮਜੂਰ ਦੀ ਮਜੂਰੀ ਜਾਂ ਵਿਗਾਰੀ ਦੀ ਵਿਗਾਰ ਵਿਚੋਂ) ਉਹਨਾਂ ਦੇ ਆਪਣੇ ਕੰਮ ਕੁਝ ਭੀ ਨਹੀਂ ਆਉਂਦਾ ।੩।

ਹੇ ਦਾਸ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਦੀ ਕਿਰਪਾ ਹੁੰਦੀ ਹੈ, ਉਸ ਦੇ ਹਿਰਦੇ ਵਿਚ (ਪਰਮਾਤਮਾ ਆਪਣਾ) ਨਾਮ ਵਸਾਂਦਾ ਹੈ, ਉਹ ਮਨੁੱਖ ਸਾਧ ਸੰਗਤਿ ਦੀ ਸਰਨੀ ਪੈਂਦਾ ਹੈ, ਉਹ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਹੈ ।੪।੨।੪।

ਟੋਡੀ ਮਹਲਾ ੫ ॥ ਕ੍ਰਿਪਾ ਨਿਧਿ ਬਸਹੁ ਰਿਦੈ ਹਰਿ ਨੀਤ ॥ ਤੈਸੀ ਬੁਧਿ ਕਰਹੁ ਪਰਗਾਸਾ ਲਾਗੈ ਪ੍ਰਭ ਸੰਗਿ ਪ੍ਰੀਤਿ ॥ ਰਹਾਉ ॥ ਦਾਸ ਤੁਮਾਰੇ ਕੀ ਪਾਵਉ ਧੂਰਾ ਮਸਤਕਿ ਲੇ ਲੇ ਲਾਵਉ ॥ ਮਹਾ ਪਤਿਤ ਤੇ ਹੋਤ ਪੁਨੀਤਾ ਹਰਿ ਕੀਰਤਨ ਗੁਨ ਗਾਵਉ ॥੧॥ ਆਗਿਆ ਤੁਮਰੀ ਮੀਠੀ ਲਾਗਉ ਕੀਓ ਤੁਹਾਰੋ ਭਾਵਉ ॥ ਜੋ ਤੂ ਦੇਹਿ ਤਹੀ ਇਹੁ ਤ੍ਰਿਪਤੈ ਆਨ ਨ ਕਤ ਹੂ ਧਾਵਉ ॥੨॥ ਸਦ ਹੀ ਨਿਕਟਿ ਜਾਨਉ ਪ੍ਰਭ ਸੁਆਮੀ ਸਗਲ ਰੇਣ ਹੋਇ ਰਹੀਐ ॥ ਸਾਧੂ ਸੰਗਤਿ ਹੋਇ ਪਰਾਪਤਿ ਤਾ ਪ੍ਰਭੁ ਅਪੁਨਾ ਲਹੀਐ ॥੩॥ ਸਦਾ ਸਦਾ ਹਮ ਛੋਹਰੇ ਤੁਮਰੇ ਤੂ ਪ੍ਰਭ ਹਮਰੋ ਮੀਰਾ ॥ ਨਾਨਕ ਬਾਰਿਕ ਤੁਮ ਮਾਤ ਪਿਤਾ ਮੁਖਿ ਨਾਮੁ ਤੁਮਾਰੋ ਖੀਰਾ ॥੪॥੩॥੫॥ {ਪੰਨਾ ੭੧੨-੭੧੩}

ਪਦ ਅਰਥ :—ਕ੍ਰਿਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਰਿਦੈ—ਹਿਰਦੇ ਵਿਚ । ਨੀਤ—ਨਿੱਤ । ਕਰਹੁ ਪਰਗਾਸਾ—ਪਰਗਟ ਕਰੋ । ਸੰਗਿ—ਨਾਲ ।ਰਹਾਉ।

ਪਾਵਉ—ਪਾਵਉਂ, ਮੈਂ ਹਾਸਲ ਕਰਾਂ । ਧੂਰਾ—ਚਰਨ-ਧੂੜ । ਮਸਤਕਿ—ਮੱਥੇ ਉਤੇ । ਲਾਵਉ—ਲਾਵਉਂ, ਮੈਂ ਲਾਵਾਂ । ਪਤਿਤ—ਵਿਕਾਰੀ । ਤੇ—ਤੋਂ । ਹੋਤ—ਹੋ ਜਾਂਦੇ ਹਨ । ਪੁਨੀਤਾ—ਪਵਿਤ੍ਰ । ਗਾਵਉ—ਮੈਂ ਗਾਵਾਂ, ਗਾਵਉਂ ।੧।

ਆਗਿਆ—ਹੁਕਮ, ਰਜ਼ਾ । ਲਾਗਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਲੱਗੇ । ਭਾਵਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਚੰਗੀ ਲੱਗੇ, ਪਸੰਦ ਆ ਜਾਏ । ਤਹੀ—ਉਸੇ ਵਿਚ । ਤ੍ਰਿਪਤੈ—ਰੱਜਿਆ ਰਹੇ । ਆਨ—{ਅੰਯ} ਹੋਰ ਹੋਰ ਪਾਸੇ । ਆਨ ਕਤ ਹੂ—ਕਿਸੇ ਹੋਰ ਪਾਸੇ । ਧਾਵਉ—ਧਾਵਉਂ, ਮੈਂ ਦੌੜਾਂ ।੨।

ਸਦ—ਸਦਾ । ਨਿਕਟਿ—ਨੇੜੇ । ਜਾਨਉ—ਜਾਨਉਂ, ਮੈਂ ਜਾਣਾਂ । ਰੇਣ—ਚਰਨ-ਧੂੜ । ਹੋਇ—ਹੋ ਕੇ । ਲਹੀਐ—ਲੱਭ ਸਕੀਦਾ ਹੈ ।੩।

ਛੋਹਰੇ—ਬੱਚੇ । ਹਮਰੋ—ਸਾਡਾ । ਮੀਰਾ—ਮਾਲਕ । ਬਾਰਿਕ—ਬਾਲਕ । ਮੁਖਿ—ਮੂੰਹ ਵਿਚ । ਖੀਰਾ—ਦੁੱਧ ।੪।

ਅਰਥ :—ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੇਰੇ ਹਿਰਦੇ ਵਿਚ ਵੱਸਦਾ ਰਹੁ । ਹੇ ਪ੍ਰਭੂ! ਮੇਰੇ ਅੰਦਰ ਇਹੋ ਜਿਹੀ ਅਕਲ ਦਾ ਚਾਨਣ ਕਰ, ਕਿ ਤੇਰੇ ਨਾਲ ਮੇਰੀ ਪ੍ਰੀਤਿ ਬਣੀ ਰਹੇ ।ਰਹਾਉ।

ਹੇ ਪ੍ਰਭੂ! ਮੈਂ ਤੇਰੇ ਸੇਵਕ ਦੀ ਚਰਨ-ਧੂੜ ਪ੍ਰਾਪਤ ਕਰਾਂ, (ਉਹ ਚਰਨ-ਧੂੜ) ਲੈ ਲੈ ਕੇ ਮੈਂ (ਆਪਣੇ) ਮੱਥੇ ਉੱਤੇ ਲਾਂਦਾ ਰਹਾਂ । (ਹੇ ਪ੍ਰਭੂ! ਮੇਹਰ ਕਰ) ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਮੈਂ ਤੇਰੇ ਗੁਣ ਗਾਂਦਾ ਰਹਾਂ । (ਜਿਸ ਦੀ ਬਰਕਤਿ ਨਾਲ) ਵੱਡੇ ਵੱਡੇ ਵਿਕਾਰੀਆਂ ਤੋਂ ਭੀ ਪਵਿਤ੍ਰ ਹੋ ਜਾਂਦੇ ਹਨ ।੧।

(ਹੇ ਪ੍ਰਭੂ! ਮੇਹਰ ਕਰ) ਮੈਨੂੰ ਤੇਰੀ ਰਜ਼ਾ ਮਿੱਠੀ ਲੱਗਦੀ ਰਹੇ, ਮੈਨੂੰ ਤੇਰਾ ਕੀਤਾ ਚੰਗਾ ਲੱਗਦਾ ਰਹੇ । ਜੋ ਕੁਝ ਤੂੰ ਮੈਨੂੰ ਦੇਂਦਾ ਹੈਂ, ਉਸੇ ਵਿਚ ਹੀ (ਮੇਰਾ) ਇਹ ਮਨ ਸੰਤੁਸ਼ਟ ਰਹੇ, ਮੈਂ ਕਿਸੇ ਭੀ ਹੋਰ ਪਾਸੇ ਭਟਕਦਾ ਨਾਹ ਫਿਰਾਂ ।੨।

ਹੇ ਮੇਰੇ ਮਾਲਕ-ਪ੍ਰਭੂ! ਮੈਂ ਤੈਨੂੰ ਸਦਾ ਆਪਣੇ ਨੇੜੇ (ਵੱਸਦਾ) ਜਾਣਦਾ ਰਹਾਂ । ਹੇ ਭਾਈ! ਸਭਨਾਂ ਦੇ ਚਰਨਾਂ ਦੀ ਧੂੜ ਬਣ ਕੇ ਰਹਿਣਾ ਚਾਹੀਦਾ ਹੈ । ਜਦੋਂ ਗੁਰੂ ਦੀ ਸੰਗਤਿ ਹਾਸਲ ਹੁੰਦੀ ਹੈ, ਤਦੋਂ ਆਪਣੇ ਪ੍ਰਭੂ ਨੂੰ ਲੱਭ ਲਈਦਾ ਹੈ ।੩।

ਹੇ ਨਾਨਕ! (ਆਖ—) ਹੇ ਪ੍ਰਭੂ! ਅਸੀ ਜੀਵ ਸਦਾ ਹੀ ਤੇਰੇ ਅੰਞਾਣ ਬੱਚੇ ਹਾਂ, ਤੂੰ ਸਾਡੀ ਮਾਂ ਹੈ ਸਾਡਾ ਪਿਉ ਹੈਂ (ਮੇਹਰ ਕਰ) ਤੇਰਾ ਨਾਮ ਸਾਡੇ ਮੂੰਹ ਵਿਚ ਰਹੇ (ਜਿਵੇਂ) ਮਾਪੇ ਆਪਣੇ ਬੱਚੇ ਦੇ ਮੂੰਹ ਵਿਚ ਦੁੱਧ (ਪਾਂਦੇ ਰਹਿੰਦੇ ਹਨ) ।੪।੩।੫।

ਟੋਡੀ ਮਹਲਾ ੫ ਘਰੁ ੨ ਦੁਪਦੇ
ੴ ਸਤਿਗੁਰ ਪ੍ਰਸਾਦਿ ॥ ਮਾਗਉ ਦਾਨੁ ਠਾਕੁਰ ਨਾਮ ॥ ਅਵਰੁ ਕਛੂ ਮੇਰੈ ਸੰਗਿ ਨ ਚਾਲੈ ਮਿਲੈ ਕ੍ਰਿਪਾ ਗੁਣ ਗਾਮ ॥੧॥ ਰਹਾਉ ॥ ਰਾਜੁ ਮਾਲੁ ਅਨੇਕ ਭੋਗ ਰਸ ਸਗਲ ਤਰਵਰ ਕੀ ਛਾਮ ॥ ਧਾਇ ਧਾਇ ਬਹੁ ਬਿਧਿ ਕਉ ਧਾਵੈ ਸਗਲ ਨਿਰਾਰਥ ਕਾਮ ॥੧॥ ਬਿਨੁ ਗੋਵਿੰਦ ਅਵਰੁ ਜੇ ਚਾਹਉ ਦੀਸੈ ਸਗਲ ਬਾਤ ਹੈ ਖਾਮ ॥ ਕਹੁ ਨਾਨਕ ਸੰਤ ਰੇਨ ਮਾਗਉ ਮੇਰੋ ਮਨੁ ਪਾਵੈ ਬਿਸ੍ਰਾਮ ॥੨॥੧॥੬॥ {ਪੰਨਾ ੭੧੩}

ਪਦ ਅਰਥ :—ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਠਾਕੁਰ—ਹੇ ਮਾਲਕ! ਅਵਰੁ ਕਛੂ—ਹੋਰ ਕੁਝ ਭੀ । ਸੰਗਿ—ਨਾਲ । ਗੁਣ ਗਾਮ—(ਤੇਰੇ) ਗੁਣਾਂ ਦਾ ਗਾਉਣਾ, (ਤੇਰੀ) ਸਿਫ਼ਤਿ-ਸਾਲਾਹ ।੧।ਰਹਾਉ।

ਤਰਵਰ—ਰੁੱਖ । ਛਾਮ—ਛਾਂ । ਧਾਇ—ਦੌੜ ਕੇ । ਬਹੁ ਬਿਧਿ—ਕਈ ਤਰੀਕਿਆਂ ਨਾਲ । ਧਾਵੈ—ਦੌੜਦਾ ਹੈ । ਧਾਇ ਧਾਇ ਧਾਵੈ—ਸਦਾ ਹੀ ਦੌੜਦਾ ਰਹਿੰਦਾ ਹੈ । ਨਿਰਾਰਥ—ਵਿਅਰਥ, ਨਿਸਫਲ ।੧।

ਅਵਰੁ—ਹੋਰ । ਚਾਹਉ—ਚਾਹਉਂ, ਮੈਂ ਚਾਹਾਂ, ਮੈਂ ਮੰਗਦਾ ਰਹਾਂ । ਖਾਮ—ਕੱਚੀ, ਨਾਸਵੰਤ । ਨਾਨਕ—ਹੇ ਨਾਨਕ! ਰੇਨ—ਚਰਨ-ਧੂੜ । ਬਿਸ੍ਰਾਮ—(ਭਟਕਣ ਤੋਂ) ਟਿਕਾਉ ।੨।

ਅਰਥ :—ਹੇ ਮਾਲਕ ਪ੍ਰਭੂ! ਮੈਂ (ਤੇਰੇ ਪਾਸੋਂ ਤੇਰੇ) ਨਾਮ ਦਾ ਦਾਨ ਮੰਗਦਾ ਹਾਂ । ਕੋਈ ਭੀ ਹੋਰ ਚੀਜ਼ ਮੇਰੇ ਨਾਲ ਨਹੀਂ ਜਾ ਸਕਦੀ । ਜੇ ਤੇਰੀ ਕਿਰਪਾ ਹੋਵੇ, ਤਾਂ ਮੈਨੂੰ ਤੇਰੀ ਸਿਫ਼ਤਿ-ਸਾਲਾਹ ਮਿਲ ਜਾਏ ।੧।ਰਹਾਉ।

ਹੇ ਭਾਈ! ਹੁਕੂਮਤ, ਧਨ, ਤੇ, ਅਨੇਕਾਂ ਪਦਾਰਥਾਂ ਦੇ ਸੁਆਦ—ਇਹ ਸਾਰੇ ਰੁੱਖ ਦੀ ਛਾਂ ਵਰਗੇ ਹਨ (ਸਦਾ ਇੱਕ ਥਾਂ ਟਿਕੇ ਨਹੀਂ ਰਹਿ ਸਕਦੇ) । ਮਨੁੱਖ (ਇਹਨਾਂ ਦੀ ਖ਼ਾਤਰ) ਸਦਾ ਹੀ ਕਈ ਤਰੀਕਿਆਂ ਨਾਲ ਦੌੜ-ਭੱਜ ਕਰਦਾ ਰਹਿੰਦਾ ਹੈ, ਪਰ ਉਸ ਦੇ ਸਾਰੇ ਕੰਮ ਵਿਅਰਥ ਚਲੇ ਜਾਂਦੇ ਹਨ ।੧।

ਹੇ ਨਾਨਕ! ਆਖ—(ਹੇ ਭਾਈ!) ਜੇ ਮੈਂ ਪਰਮਾਤਮਾ ਦੇ ਨਾਮ ਤੋਂ ਬਿਨਾ ਕੁਝ ਹੋਰ ਹੋਰ ਹੀ ਮੰਗਦਾ ਰਹਾਂ, ਤਾਂ ਇਹ ਸਾਰੀ ਗੱਲ ਕੱਚੀ ਹੈ । ਮੈਂ ਤਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, (ਤਾ ਕਿ) ਮੇਰਾ ਮਨ (ਦੁਨੀਆ ਵਾਲੀ ਦੌੜ-ਭੱਜ ਤੋਂ) ਟਿਕਾਣਾ ਹਾਸਲ ਕਰ ਸਕੇ ।੨।੧।੯।

ਟੋਡੀ ਮਹਲਾ ੫ ॥ ਪ੍ਰਭ ਜੀ ਕੋ ਨਾਮੁ ਮਨਹਿ ਸਾਧਾਰੈ ॥ ਜੀਅ ਪ੍ਰਾਨ ਸੂਖ ਇਸੁ ਮਨ ਕਉ ਬਰਤਨਿ ਏਹ ਹਮਾਰੈ ॥੧॥ ਰਹਾਉ ॥ ਨਾਮੁ ਜਾਤਿ ਨਾਮੁ ਮੇਰੀ ਪਤਿ ਹੈ ਨਾਮੁ ਮੇਰੈ ਪਰਵਾਰੈ ॥ ਨਾਮੁ ਸਖਾਈ ਸਦਾ ਮੇਰੈ ਸੰਗਿ ਹਰਿ ਨਾਮੁ ਮੋ ਕਉ ਨਿਸਤਾਰੈ ॥੧॥ ਬਿਖੈ ਬਿਲਾਸ ਕਹੀਅਤ ਬਹੁਤੇਰੇ ਚਲਤ ਨ ਕਛੂ ਸੰਗਾਰੈ ॥ ਇਸਟੁ ਮੀਤੁ ਨਾਮੁ ਨਾਨਕ ਕੋ ਹਰਿ ਨਾਮੁ ਮੇਰੈ ਭੰਡਾਰੈ ॥੨॥੨॥੭॥ {ਪੰਨਾ ੭੧੩}

ਪਦ ਅਰਥ :—ਕੋ—ਦਾ । ਮਨਹਿ—ਮਨ ਨੂੰ । ਸਾਧਾਰੈ—ਆਧਾਰ-ਸਹਿਤ ਕਰਦਾ ਹੈ, ਆਸਰਾ ਦੇਂਦਾ ਹੈ । ਜੀਅ—ਜਿੰਦ । ਕਉ—ਦੇ ਵਾਸਤੇ । ਬਰਤਨਿ—ਹਰ ਵੇਲੇ ਕੰਮ ਆਉਣ ਵਾਲੀ ਚੀਜ਼ । ਹਮਾਰੈ—ਮੇਰੇ ਵਾਸਤੇ ।੧।ਰਹਾਉ।

ਪਤਿ—ਇੱਜ਼ਤ । ਪਰਵਾਰੈ—ਪਰਵਾਰ, ਟੱਬਰ । ਸਖਾਈ—ਮਿੱਤਰ, ਸਾਥੀ । ਸੰਗਿ—ਨਾਲ । ਮੋ ਕਉ—ਮੈਨੂੰ । ਕਉ—ਨੂੰ । ਨਿਸਤਾਰੈ—ਪਾਰ ਲੰਘਾਂਦਾ ਹੈ ।੧।

ਬਿਖੈ ਬਿਲਾਸ—ਵਿਸ਼ਿਆਂ ਦੇ ਭੋਗ । ਕਹੀਅਤ—ਕਹੇ ਜਾਂਦੇ ਹਨ । ਚਲਤ—ਚੱਲਦਾ, ਜਾਂਦਾ । ਕਛੂ—ਕੁਝ ਭੀ । ਸੰਗਾਰੈ—ਸੰਗਿ, ਨਾਲ । ਇਸਟੁ—ਪਿਆਰਾ । ਕੋ—ਦਾ । ਭੰਡਾਰੈ—ਖ਼ਜ਼ਾਨੇ ਵਿਚ ।੨।

ਅਰਥ :—ਹੇ ਭਾਈ! ਪ੍ਰਭੂ ਜੀ ਦਾ ਨਾਮ (ਹੀ) ਮਨ ਨੂੰ ਆਸਰਾ ਦੇਂਦਾ ਹੈ । ਨਾਮ ਹੀ ਇਸ ਮਨ ਦੇ ਵਾਸਤੇ ਜਿੰਦ-ਜਾਨ ਹੈ, ਤੇ, ਸੁਖ ਹੈ । ਮੇਰੇ ਵਾਸਤੇ ਤਾਂ ਹਰਿ-ਨਾਮ ਹੀ ਹਰ ਵੇਲੇ ਕੰਮ ਆਉਣ ਵਾਲੀ ਚੀਜ਼ ਹੈ ।੧।ਰਹਾਉ।

ਹੇ ਭਾਈ! ਪ੍ਰਭੂ ਦਾ ਨਾਮ (ਹੀ ਮੇਰੇ ਵਾਸਤੇ ਉੱਚੀ) ਜਾਤਿ ਹੈ, ਹਰਿ-ਨਾਮ ਹੀ ਮੇਰੀ ਇੱਜ਼ਤ ਹੈ, ਹਰਿ-ਨਾਮ ਹੀ ਮੇਰਾ ਪਰਵਾਰ ਹੈ । ਪ੍ਰਭੂ ਦਾ ਨਾਮ (ਹੀ ਮੇਰਾ) ਮਿੱਤਰ ਹੈ (ਜੋ) ਸਦਾ ਮੇਰੇ ਨਾਲ ਰਹਿੰਦਾ ਹੈ । ਪਰਮਾਤਮਾ ਦਾ ਨਾਮ (ਹੀ) ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲਾ ਹੈ ।੧।

ਹੇ ਭਾਈ! ਵਿਸ਼ਿਆਂ ਦੇ ਭੋਗ ਬਥੇਰੇ ਦੱਸੇ ਜਾਂਦੇ ਹਨ, ਪਰ ਕੋਈ ਭੀ ਚੀਜ਼ ਮਨੁੱਖ ਦੇ ਨਾਲ ਨਹੀਂ ਜਾਂਦੀ । (ਇਸ ਵਾਸਤੇ) ਨਾਨਕ ਦਾ ਸਭ ਤੋਂ ਪਿਆਰਾ ਮਿੱਤਰ ਪ੍ਰਭੂ ਦਾ ਨਾਮ (ਹੀ) ਹੈ । ਪ੍ਰਭੂ ਦਾ ਨਾਮ ਹੀ ਮੇਰੇ ਖ਼ਜ਼ਾਨੇ ਵਿਚ (ਧਨ) ਹੈ ।੨।੨।੭।

ਟੋਡੀ ਮਃ ੫ ॥ ਨੀਕੇ ਗੁਣ ਗਾਉ ਮਿਟਹੀ ਰੋਗ ॥ ਮੁਖ ਊਜਲ ਮਨੁ ਨਿਰਮਲ ਹੋਈ ਹੈ ਤੇਰੋ ਰਹੈ ਈਹਾ ਊਹਾ ਲੋਗੁ ॥੧॥ ਰਹਾਉ ॥ ਚਰਨ ਪਖਾਰਿ ਕਰਉ ਗੁਰ ਸੇਵਾ ਮਨਹਿ ਚਰਾਵਉ ਭੋਗ ॥ ਛੋਡਿ ਆਪਤੁ ਬਾਦੁ ਅਹੰਕਾਰਾ ਮਾਨੁ ਸੋਈ ਜੋ ਹੋਗੁ ॥੧॥ ਸੰਤ ਟਹਲ ਸੋਈ ਹੈ ਲਾਗਾ ਜਿਸੁ ਮਸਤਕਿ ਲਿਖਿਆ ਲਿਖੋਗੁ ॥ ਕਹੁ ਨਾਨਕ ਏਕ ਬਿਨੁ ਦੂਜਾ ਅਵਰੁ ਨ ਕਰਣੈ ਜੋਗੁ ॥੨॥੩॥੮॥ {ਪੰਨਾ ੭੧੩}

ਪਦ ਅਰਥ :—ਨੀਕੇ—ਸੋਹਣੇ, ਚੰਗੇ । ਗਾਉ—ਗਾ, ਗਾਇਆ ਕਰ । ਮਿਟਹੀ—ਮਿਟਹਿ, ਮਿਟ ਜਾਂਦੇ ਹਨ । ਊਜਲ—ਰੌਸ਼ਨ । ਰਹੈ—ਬਣਿਆ ਰਹਿੰਦਾ ਹੈ । ਈਹਾ ਊਹਾ ਲੋਗੁ—ਇਹ ਲੋਕ ਤੇ ਪਰਲੋਕ ।੧।ਰਹਾਉ।

ਪਖਾਰਿ—ਧੋ ਕੇ । ਕਰਉ—ਕਰਉਂ, ਮੈਂ ਕਰਾਂ । ਮਨਹਿ—ਮਨ ਨੂੰ ਹੀ । ਚਰਾਵਉ—ਚਰਾਵਉਂ, ਮੈਂ ਚੜ੍ਹਾ ਦਿਆਂ । ਭੋਗ—ਭੇਟਾ । ਛੋਡਿ—ਛੱਡ ਕੇ । ਆਪਤੁ—ਆਪਾ-ਭਾਵ । ਬਾਦੁ—ਝਗੜਾ । ਮਾਨੁ—ਮੰਨ । ਹੋਗੁ—ਹੋਵੇਗਾ ।੧।

ਸੋਈ—ਉਹੀ ਮਨੁੱਖ । ਮਸਤਕਿ—ਮੱਥੇ ਉਤੇ । ਲਿਖੋਗੁ—ਲੇਖ । ਕਰਣੈ ਜੋਗੁ—ਕਰਨ ਦੀ ਸਮਰੱਥਾ ਵਾਲਾ ।੨।

ਅਰਥ :—ਹੇ ਭਾਈ! ਪਰਮਾਤਮਾ ਦੇ ਸੋਹਣੇ ਗੁਣ ਗਾਂਦਾ ਰਿਹਾ ਕਰ । (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਸਾਰੇ ਰੋਗ ਮਿਟ ਜਾਂਦੇ ਹਨ । (ਇਸ ਤਰ੍ਹਾਂ) ਤੇਰਾ ਇਹ ਲੋਕ ਅਤੇ ਪਰਲੋਕ ਸੰਵਰ ਜਾਣਗੇ, ਮਨ ਪਵਿਤ੍ਰ ਹੋ ਜਾਇਗਾ, (ਲੋਕ ਪਰਲੋਕ ਵਿਚ) ਮੂੰਹ ਭੀ ਰੌਸ਼ਨ ਰਹੇਗਾ ।੧।ਰਹਾਉ।

ਹੇ ਭਾਈ! ਮੈਂ (ਤਾਂ) ਗੁਰੂ ਦੇ ਚਰਨ ਧੋ ਕੇ ਗੁਰੂ ਦੀ ਸੇਵਾ ਕਰਦਾ ਹਾਂ, ਆਪਣਾ ਮਨ ਗੁਰੂ ਅੱਗੇ ਭੇਟ ਕਰਦਾ ਹਾਂ (ਕਿਉਂਕਿ ਗੁਰੂ ਦੀ ਕਿਰਪਾ ਨਾਲ ਹੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ) । ਹੇ ਭਾਈ! ਤੂੰ ਭੀ (ਗੁਰੂ ਦੀ ਸਰਨ ਪੈ ਕੇ) ਆਪਾ-ਭਾਵ, (ਮਾਇਆ ਵਾਲਾ) ਝਗੜਾ ਅਤੇ ਅਹੰਕਾਰ ਤਿਆਗ,

ਜੋ ਕੁਝ ਪ੍ਰਭੂ ਦੀ ਰਜ਼ਾ ਵਿਚ ਹੁੰਦਾ ਹੈ ਉਸ ਨੂੰ (ਮਿੱਠਾ ਕਰ ਕੇ) ਮੰਨ ।੧।

(ਪਰ,) ਹੇ ਨਾਨਕ! ਆਖ—ਗੁਰੂ ਦੀ ਸੇਵਾ ਵਿਚ ਉਹੀ ਮਨੁੱਖ ਲੱਗਦਾ ਹੈ ਜਿਸ ਦੇ ਮੱਥੇ ਉਤੇ (ਧੁਰੋਂ ਇਹ) ਲੇਖ ਲਿਖਿਆ ਹੁੰਦਾ ਹੈ, ਉਸ ਇਕ ਪਰਮਾਤਮਾ ਤੋਂ ਬਿਨਾ ਕੋਈ ਹੋਰ (ਇਹ ਮੇਹਰ) ਕਰਨ ਜੋਗਾ ਨਹੀਂ ਹੈ ।੨।੩।੮।

ਟੋਡੀ ਮਹਲਾ ੫ ॥ ਸਤਿਗੁਰ ਆਇਓ ਸਰਣਿ ਤੁਹਾਰੀ ॥ ਮਿਲੈ ਸੂਖੁ ਨਾਮੁ ਹਰਿ ਸੋਭਾ ਚਿੰਤਾ ਲਾਹਿ ਹਮਾਰੀ ॥੧॥ ਰਹਾਉ ॥ ਅਵਰ ਨ ਸੂਝੈ ਦੂਜੀ ਠਾਹਰ ਹਾਰਿ ਪਰਿਓ ਤਉ ਦੁਆਰੀ ॥ ਲੇਖਾ ਛੋਡਿ ਅਲੇਖੈ ਛੂਟਹ ਹਮ ਨਿਰਗੁਨ ਲੇਹੁ ਉਬਾਰੀ ॥੧॥ ਸਦ ਬਖਸਿੰਦੁ ਸਦਾ ਮਿਹਰਵਾਨਾ ਸਭਨਾ ਦੇਇ ਅਧਾਰੀ ॥ ਨਾਨਕ ਦਾਸ ਸੰਤ ਪਾਛੈ ਪਰਿਓ ਰਾਖਿ ਲੇਹੁ ਇਹ ਬਾਰੀ ॥੨॥੪॥੯॥ {ਪੰਨਾ ੭੧੩}

ਪਦ ਅਰਥ :—ਸਤਿਗੁਰ—ਹੇ ਗੁਰੂ! ਲਾਹਿ—ਦੂਰ ਕਰ ।੧।ਰਹਾਉ।

ਅਵਰ ਠਾਹਰ—ਕੋਈ ਹੋਰ ਆਸਰਾ । ਹਾਰਿ—ਹਾਰ ਕੇ । ਤਉ ਦੁਆਰੀ—ਤੇਰੇ ਦਰ ਤੇ । ਅਲੇਖੈ—ਬਿਨਾ ਲੇਖਾ ਕਰਨ ਦੇ । ਛੂਟਹ—ਅਸੀ ਸੁਰਖ਼ਰੂ ਹੋ ਸਕਦੇ ਹਾਂ । ਨਿਰਗੁਨ—ਗੁਣਹੀਨ । ਲੇਹੁ ਉਬਾਰੀ—ਉਬਾਰਿ ਲੇਹੁ, ਬਚਾ ਲੈ ।੧।

ਸਦ—ਸਦਾ । ਬਖਸਿੰਦੁ—ਬਖ਼ਸ਼ਸ਼ ਕਰਨ ਵਾਲਾ । ਦੇਇ—ਦੇਂਦਾ ਹੈ । ਅਧਾਰੀ—ਆਸਰਾ । ਸੰਤ ਪਾਛੈ—ਗੁਰੂ ਦੀ ਸਰਨ । ਇਹ ਬਾਰੀ—ਇਸ ਵਾਰੀ, ਇਸ ਜਨਮ ਵਿਚ ।੨।

ਅਰਥ :—ਹੇ ਗੁਰੂ! ਮੈਂ ਤੇਰੀ ਸਰਨ ਆਇਆ ਹਾਂ । ਮੇਰੀ ਚਿੰਤਾ ਦੂਰ ਕਰ (ਮੇਹਰ ਕਰ, ਤੇਰੇ ਦਰ ਤੋਂ ਮੈਨੂੰ) ਪਰਮਾਤਮਾ ਦਾ ਨਾਮ ਮਿਲ ਜਾਏ, (ਇਹੀ ਮੇਰੇ ਵਾਸਤੇ) ਸੁਖ (ਹੈ, ਇਹੀ ਮੇਰੇ ਵਾਸਤੇ) ਸੋਭਾ (ਹੈ) ।੧।ਰਹਾਉ।

ਹੇ ਪ੍ਰਭੂ! (ਮੈਂ ਹੋਰ ਆਸਰਿਆਂ ਵਲੋਂ) ਹਾਰ ਕੇ ਤੇਰੇ ਦਰ ਤੇ ਆ ਪਿਆ ਹਾਂ, ਹੁਣ ਮੈਨੂੰ ਕੋਈ ਹੋਰ ਆਸਰਾ ਸੁੱਝਦਾ ਨਹੀਂ । ਹੇ ਪ੍ਰਭੂ ਅਸਾਂ ਜੀਵਾਂ ਦੇ ਕਰਮਾਂ ਦਾ ਲੇਖਾ ਨਾਹ ਕਰ, ਅਸੀ ਤਦੋਂ ਹੀ ਸੁਰਖ਼ਰੂ ਹੋ ਸਕਦੇ ਹਾਂ, ਜੇ ਸਾਡੇ ਕਰਮਾਂ ਦਾ ਲੇਖਾ ਨਾਹ ਹੀ ਕੀਤਾ ਜਾਏ । ਹੇ ਪ੍ਰਭੂ! ਸਾਨੂੰ ਗੁਣਹੀਨ ਜੀਵਾਂ ਨੂੰ (ਵਿਕਾਰਾਂ ਤੋਂ ਤੂੰ ਆਪ) ਬਚਾ ਲੈ ।੧।

ਹੇ ਭਾਈ! ਪਰਮਾਤਮਾ ਸਦਾ ਬਖ਼ਸ਼ਸ਼ ਕਰਨ ਵਾਲਾ ਹੈ, ਸਦਾ ਮੇਹਰ ਕਰਨ ਵਾਲਾ ਹੈ, ਉਹ ਸਭ ਜੀਵਾਂ ਨੂੰ ਆਸਰਾ ਦੇਂਦਾ ਹੈ । ਹੇ ਦਾਸ ਨਾਨਕ! (ਤੂੰ ਭੀ ਅਰਜ਼ੋਈ ਕਰ ਤੇ ਆਖ—) ਮੈਂ ਗੁਰੂ ਦੀ ਸਰਨ ਆ ਪਿਆ ਹਾਂ, ਮੈਨੂੰ ਇਸ ਜਨਮ ਵਿਚ (ਵਿਕਾਰਾਂ ਤੋਂ) ਬਚਾਈ ਰੱਖ ।੨।੪।੯।

ਟੋਡੀ ਮਹਲਾ ੫ ॥ ਰਸਨਾ ਗੁਣ ਗੋਪਾਲ ਨਿਧਿ ਗਾਇਣ ॥ ਸਾਂਤਿ ਸਹਜੁ ਰਹਸੁ ਮਨਿ ਉਪਜਿਓ ਸਗਲੇ ਦੂਖ ਪਲਾਇਣ ॥੧॥ ਰਹਾਉ ॥ ਜੋ ਮਾਗਹਿ ਸੋਈ ਸੋਈ ਪਾਵਹਿ ਸੇਵਿ ਹਰਿ ਕੇ ਚਰਣ ਰਸਾਇਣ ॥ ਜਨਮ ਮਰਣ ਦੁਹਹੂ ਤੇ ਛੂਟਹਿ ਭਵਜਲੁ ਜਗਤੁ ਤਰਾਇਣ ॥੧॥ ਖੋਜਤ ਖੋਜਤ ਤਤੁ ਬੀਚਾਰਿਓ ਦਾਸ ਗੋਵਿੰਦ ਪਰਾਇਣ ॥ ਅਬਿਨਾਸੀ ਖੇਮ ਚਾਹਹਿ ਜੇ ਨਾਨਕ ਸਦਾ ਸਿਮਰਿ ਨਾਰਾਇਣ ॥੨॥੫॥੧੦॥ {ਪੰਨਾ ੭੧੩-੭੧੪}

ਪਦ ਅਰਥ :—ਰਸਨਾ—ਜੀਭ (ਨਾਲ) । ਨਿਧਿ—ਖ਼ਜ਼ਾਨਾ, ਸੁਖਾਂ ਦਾ ਖ਼ਜ਼ਾਨਾ । ਸਹਜੁ—ਆਤਮਕ ਅਡੋਲਤਾ । ਰਹਸੁ—ਖ਼ੁਸ਼ੀ । ਮੁਨਿ—ਮਨ ਵਿਚ । ਪਲਾਇਣ—ਦੌੜ ਜਾਂਦੇ ਹਨ ।੧।ਰਹਾਉ।

ਮਾਗਹਿ—(ਜੀਵ) ਮੰਗਦੇ ਹਨ । ਸੇਵਿ—ਸੇਵ ਕੇ । ਰਸਾਇਣ—ਸਾਰੇ ਰਸਾਂ ਦਾ ਘਰ । ਤੇ—ਤੋਂ । ਛੂਟਹਿ—ਬਚ ਜਾਂਦੇ ਹਨ । ਭਵਜਲੁ—ਸੰਸਾਰ-ਸਮੁੰਦਰ ।੧।

ਤਤੁ—ਅਸਲੀਅਤ, ਅਸਲ ਸਿੱਟਾ । ਪਰਾਇਣ—ਆਸਰੇ । ਅਬਿਨਾਸੀ ਖੇਮ—ਕਦੇ ਨਾਸ ਨਾਹ ਹੋਣ ਵਾਲਾ ਸੁਖ । ਚਾਹਹਿ—ਤੂੰ ਚਾਹੁੰਦਾ ਹੈਂ ।੨।

ਅਰਥ :—ਹੇ ਭਾਈ! (ਸਾਰੇ ਸੁਖਾਂ ਦੇ) ਖ਼ਜ਼ਾਨੇ ਗੋਪਾਲ-ਪ੍ਰਭੂ ਦੇ ਗੁਣ ਜੀਭ ਨਾਲ ਗਾਂਵਿਆਂ ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਸੁਖ ਪੈਦਾ ਹੁੰਦਾ ਹੈ, ਸਾਰੇ ਦੁੱਖ ਦੂਰ ਹੋ ਜਾਂਦੇ ਹਨ ।੧।ਰਹਾਉ।

ਹੇ ਭਾਈ! ਪ੍ਰਭੂ ਸਾਰੇ ਰਸਾਂ ਦਾ ਘਰ ਹੈ ਉਸ ਦੇ ਚਰਨ ਸੇਵ ਕੇ (ਮਨੁੱਖ) ਜੋ ਕੁਝ (ਉਸ ਦੇ ਦਰ ਤੋਂ) ਮੰਗਦੇ ਹਨ, ਉਹੀ ਕੁਝ ਪ੍ਰਾਪਤ ਕਰ ਲੈਂਦੇ ਹਨ, (ਨਿਰਾ ਇਹੀ ਨਹੀਂ, ਪ੍ਰਭੂ ਦੀ ਸੇਵਾ-ਭਗਤੀ ਕਰਨ ਵਾਲੇ ਮਨੁੱਖ) ਜਨਮ ਅਤੇ ਮੌਤ ਦੋਹਾਂ ਤੋਂ ਬਚ ਜਾਂਦੇ ਹਨ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ।੧।

ਹੇ ਭਾਈ! ਖੋਜ ਕਰਦਿਆਂ ਕਰਦਿਆਂ ਪ੍ਰਭੂ ਦੇ ਦਾਸ ਅਸਲੀਅਤ ਵਿਚਾਰ ਲੈਂਦੇ ਹਨ, ਅਤੇ ਪ੍ਰਭੂ ਦੇ ਹੀ ਆਸਰੇ ਰਹਿੰਦੇ ਹਨ । ਹੇ ਨਾਨਕ! (ਆਖ—ਹੇ ਭਾਈ!) ਜੇ ਤੂੰ ਕਦੇ ਨਾਹ ਮੁੱਕਣ ਵਾਲਾ ਸੁਖ ਲੋੜਦਾ ਹੈਂ, ਤਾਂ ਸਦਾ ਪਰਮਾਤਮਾ ਦਾ ਸਿਮਰਨ ਕਰਿਆ ਕਰ ।੨।੫।੧੦।

ਟੋਡੀ ਮਹਲਾ ੫ ॥ ਨਿੰਦਕੁ ਗੁਰ ਕਿਰਪਾ ਤੇ ਹਾਟਿਓ ॥ ਪਾਰਬ੍ਰਹਮ ਪ੍ਰਭ ਭਏ ਦਇਆਲਾ ਸਿਵ ਕੈ ਬਾਣਿ ਸਿਰੁ ਕਾਟਿਓ ॥੧॥ ਰਹਾਉ ॥ ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਚ ਕਾ ਪੰਥਾ ਥਾਟਿਓ ॥ ਖਾਤ ਖਰਚਤ ਕਿਛੁ ਨਿਖੁਟਤ ਨਾਹੀ ਰਾਮ ਰਤਨੁ ਧਨੁ ਖਾਟਿਓ ॥੧॥ ਭਸਮਾਭੂਤ ਹੋਆ ਖਿਨ ਭੀਤਰਿ ਅਪਨਾ ਕੀਆ ਪਾਇਆ ॥ ਆਗਮ ਨਿਗਮੁ ਕਹੈ ਜਨੁ ਨਾਨਕੁ ਸਭੁ ਦੇਖੈ ਲੋਕੁ ਸਬਾਇਆ ॥੨॥੬॥੧੧॥ {ਪੰਨਾ ੭੧੪}

ਪਦ ਅਰਥ :—ਤੇ—ਤੋਂ, ਨਾਲ । ਗੁਰ ਕਿਰਪਾ ਤੇ—ਗੁਰੂ ਦੀ ਕਿਰਪਾ ਨਾਲ, ਜਦੋਂ ਗੁਰੂ ਦੀ ਕਿਰਪਾ ਹੁੰਦੀ ਹੈ । ਹਾਟਿਓ—ਹਟ ਜਾਂਦਾ ਹੈ, (ਨਿੰਦਾ ਕਰਨ ਦੀ ਵਾਦੀ ਤੋਂ) ਹਟ ਜਾਂਦਾ ਹੈ । ਕੈ ਬਾਣਿ—ਦੇ ਬਾਣ ਨਾਲ । ਸਿਵ ਕੈ ਬਾਣਿ—ਕੱਲਿਆਣ-ਸਰੂਪ ਪ੍ਰਭੂ ਦੇ ਨਾਮ-ਤੀਰ ਨਾਲ । ਸਿਰੁ—ਅਹੰਕਾਰ । ਕਾਟਿਓ—ਕੱਟ ਦੇਂਦਾ ਹੈ ।੧।ਰਹਾਉ।

ਕਾਲ—ਆਤਮਕ ਮੌਤ । ਜਾਲੁ—(ਮਾਇਆ ਦਾ) ਜਾਲ । ਜਮੁ—ਮੌਤ (ਦਾ ਡਰ) । ਜੋਹਿ ਨ ਸਾਕੈ—ਤੱਕ ਭੀ ਨਹੀਂ ਸਕਦਾ । ਸਚ ਕਾ ਪੰਥਾ—ਸਦਾ-ਥਿਰ ਹਰਿ-ਨਾਮ ਸਿਮਰਨ ਵਾਲਾ ਰਸਤਾ । ਪੰਥਾ—ਰਸਤਾ । ਥਾਟਿਓ—ਮੱਲ ਲੈਂਦਾ ਹੈ । ਖਾਤ—ਖਾਂਦਿਆਂ । ਖਰਚਤ—ਹੋਰਨਾਂ ਨੂੰ ਵੰਡਦਿਆਂ ।੧।

ਭਸਮਾਭੂਤ ਹੋਆ—ਸੁਆਹ ਹੋ ਜਾਂਦਾ ਹੈ, ਨਾਮ-ਨਿਸ਼ਾਨ ਮਿਟ ਜਾਂਦਾ ਹੈ । ਅਪਨਾ ਕੀਆ ਪਾਇਆ—(ਜਿਸ ਨਿੰਦਾ-ਸੁਭਾਉ ਦੇ ਕਾਰਨ) ਆਪਣਾ ਕੀਤਾ ਪਾਂਦਾ ਸੀ, ਦੁਖੀ ਹੁੰਦਾ ਰਹਿੰਦਾ ਸੀ । ਆਗਮ ਨਿਗਮੁ—ਰੱਬੀ ਅਗੰਮੀ ਖੇਡ । ਸਬਾਇਆ—ਸਾਰਾ ।੨।

ਅਰਥ :—ਹੇ ਭਾਈ! ਜਦੋਂ ਗੁਰੂ ਕਿਰਪਾ ਕਰਦਾ ਹੈ ਤਾਂ ਨਿੰਦਾ ਦੇ ਸੁਭਾਵ ਵਾਲਾ ਮਨੁੱਖ (ਨਿੰਦਾ ਕਰਨ ਤੋਂ) ਹਟ ਜਾਂਦਾ ਹੈ । (ਜਿਸ ਨਿੰਦਕ ਉਤੇ) ਪ੍ਰਭੂ ਪਰਮਾਤਮਾ ਜੀ ਦਇਆਵਾਨ ਹੋ ਜਾਂਦੇ ਹਨ, ਕਲਿਆਣ-ਸਰੂਪ ਹਰਿ ਦੇ ਨਾਮ-ਤੀਰ ਨਾਲ (ਗੁਰੂ ਉਸ ਦਾ) ਸਿਰ ਕੱਟ ਦੇਂਦਾ ਹੈ (ਉਸ ਦੀ ਹਉਮੈ ਨਾਸ ਕਰ ਦੇਂਦਾ ਹੈ) ।੧।ਰਹਾਉ।

(ਹੇ ਭਾਈ! ਜਿਸ ਮਨੁੱਖ ਉਤੇ ਗੁਰੂ ਪ੍ਰਭੂ ਦਇਆਵਾਨ ਹੁੰਦੇ ਹਨ) ਉਸ ਮਨੁੱਖ ਨੂੰ ਆਤਮਕ ਮੌਤ, ਮਾਇਆ ਦਾ ਜਾਲ, ਮੌਤ ਦਾ ਡਰ (ਕੋਈ ਭੀ) ਤੱਕ ਭੀ ਨਹੀਂ ਸਕਦਾ, (ਕਿਉਂਕਿ ਗੁਰੂ ਦੀ ਕਿਰਪਾ ਨਾਲ ਉਹ ਮਨੁੱਖ) ਸਦਾ-ਥਿਰ ਹਰਿ-ਨਾਮ ਸਿਮਰਨ ਵਾਲਾ ਰਸਤਾ ਮੱਲ ਲੈਂਦਾ ਹੈ । ਉਹ ਮਨੁੱਖ ਪਰਮਾਤਮਾ ਦਾ ਰਤਨ (ਵਰਗਾ ਕੀਮਤੀ) ਨਾਮ-ਧਨ ਖੱਟ ਲੈਂਦਾ ਹੈ । ਆਪ ਵਰਤਿਆਂ, ਹੋਰਨਾਂ ਨੂੰ ਵੰਡਦਿਆਂ ਇਹ ਧਨ ਰਤਾ ਭੀ ਨਹੀਂ ਮੁੱਕਦਾ ।੧।

ਹੇ ਭਾਈ! (ਜਿਸ ਨਿੰਦਾ-ਸੁਭਾਵ ਕਰ ਕੇ, ਜਿਸ ਆਪਾ-ਭਾਵ ਕਰ ਕੇ, ਨਿੰਦਕ ਸਦਾ) ਦੁੱਖੀ ਹੁੰਦਾ ਰਹਿੰਦਾ ਸੀ, (ਪ੍ਰਭੂ ਦੇ ਦਇਆਲ ਹੋਇਆਂ, ਗੁਰੂ ਦੀ ਕਿਰਪਾ ਨਾਲ) ਇਕ ਛਿਨ ਵਿਚ ਹੀ ਉਸ ਸੁਭਾਵ ਦਾ ਨਾਮ-ਨਿਸ਼ਾਨ ਹੀ ਮਿਟ ਜਾਂਦਾ ਹੈ । (ਇਸ ਅਸਚਰਜ ਤਬਦੀਲੀ ਨੂੰ) ਸਾਰਾ ਜਗਤ ਹੈਰਾਨ ਹੋ ਹੋ ਕੇ ਵੇਖਦਾ ਹੈ । ਦਾਸ ਨਾਨਕ ਇਹ ਅਗੰਮੀ ਰੱਬੀ ਖੇਡ ਬਿਆਨ ਕਰਦਾ ਹੈ ।੨।੬।੧੧।

ਟੋਡੀ ਮਃ ੫ ॥ ਕਿਰਪਨ ਤਨ ਮਨ ਕਿਲਵਿਖ ਭਰੇ ॥ ਸਾਧ ਸੰਗਿ ਭਜਨੁ ਕਰਿ ਸੁਆਮੀ ਢਾਕਨ ਕਉ ਇਕੁ ਹਰੇ ॥੧॥ ਰਹਾਉ ॥ ਅਨਿਕ ਛਿਦ੍ਰ ਬੋਹਿਥ ਕੇ ਛੁਟਕਤ ਥਾਮ ਨ ਜਾਹੀ ਕਰੇ ॥ ਜਿਸ ਕਾ ਬੋਹਿਥੁ ਤਿਸੁ ਆਰਾਧੇ ਖੋਟੇ ਸੰਗਿ ਖਰੇ ॥੧॥ ਗਲੀ ਸੈਲ ਉਠਾਵਤ ਚਾਹੈ ਓਇ ਊਹਾ ਹੀ ਹੈ ਧਰੇ ॥ ਜੋਰੁ ਸਕਤਿ ਨਾਨਕ ਕਿਛੁ ਨਾਹੀ ਪ੍ਰਭ ਰਾਖਹੁ ਸਰਣਿ ਪਰੇ ॥੨॥੭॥੧੨॥ {ਪੰਨਾ ੭੧੪}

ਪਦ ਅਰਥ :—ਕਿਰਪਨ—ਹੇ ਸ਼ੂਮ! (ਉਹ ਮਨੁੱਖ ਜੋ ਆਪਣੇ ਸੁਆਸਾਂ ਦੀ ਪੂੰਜੀ ਨੂੰ ਕਦੇ ਭੀ ਸਿਮਰਨ ਵਾਲੇ ਪਾਸੇ ਨਹੀਂ ਖ਼ਰਚ ਕਰਦਾ) । ਕਿਲਵਿਖ—ਪਾਪ । ਹਰੇ—ਹਰੀ ।੧।ਰਹਾਉ।

ਛਿਦ੍ਰ—ਛੇਕ । ਬੋਹਿਥ—ਜਹਾਜ਼ । ਥਾਮ ਨ ਕਰੇ ਜਾਹੀ—ਥੰਮੇ ਨਹੀਂ ਜਾ ਸਕਦੇ । ਜਿਸ ਕਾ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਆਰਾਧੇ—ਆਰਾਧਿ । ਸੰਗਿ—ਨਾਲ ।੧।

ਗਲੀ—ਗੱਲਾਂ ਨਾਲ । ਸੈਲ—ਪਹਾੜ । ਓਇ—(ਲਫ਼ਜ਼ 'ਉਹ' ਤੋਂ ਬਹੁ-ਵਚਨ) । ਪ੍ਰਭ—ਹੇ ਪ੍ਰਭੂ! ।੨।

ਅਰਥ :—ਹੇ ਸ਼ੂਮ! (ਸੁਆਸਾਂ ਦੀ ਪੂੰਜੀ ਸਿਮਰਨ ਵਾਲੇ ਪਾਸੇ ਨਾਹ ਖ਼ਰਚਣ ਦੇ ਕਾਰਨ ਤੇਰਾ) ਮਨ ਤੇ ਸਰੀਰ ਪਾਪਾਂ ਨਾਲ ਭਰੇ ਪਏ ਹਨ । ਹੇ ਸ਼ੂਮ! ਸਾਧ ਸੰਗਤਿ ਵਿਚ ਟਿਕ ਕੇ ਮਾਲਕ-ਪ੍ਰਭੂ ਦਾ ਭਜਨ ਕਰਿਆ ਕਰ । ਸਿਰਫ਼ ਉਹ ਪ੍ਰਭੂ ਹੀ ਇਹਨਾਂ ਪਾਪਾਂ ਉਤੇ ਪਰਦਾ ਪਾਣ ਦੇ ਸਮਰਥ ਹੈ ।੧।ਰਹਾਉ।

ਹੇ ਸ਼ੂਮ! (ਸਿਮਰਨ ਤੋਂ ਸੁੰਞਾ ਰਹਿਣ ਦੇ ਕਾਰਨ ਤੇਰੇ ਸਰੀਰ-) ਜਹਾਜ਼ ਵਿਚ ਅਨੇਕਾਂ ਛੇਕ ਪੈ ਗਏ ਹਨ, (ਸਿਮਰਨ ਤੋਂ ਬਿਨਾ ਕਿਸੇ ਭੀ ਹੋਰ ਤਰੀਕੇ ਨਾਲ) ਇਹ ਛੇਕ ਬੰਦ ਨਹੀਂ ਕੀਤੇ ਜਾ ਸਕਦੇ । ਜਿਸ ਪਰਮਾਤਮਾ ਦਾ ਦਿੱਤਾ ਹੋਇਆ ਇਹ (ਸਰੀਰ) ਜਹਾਜ਼ ਹੈ, ਉਸ ਦੀ ਆਰਾਧਨਾ ਕਰਿਆ ਕਰ । ਉਸ ਦੀ ਸੰਗਤਿ ਵਿਚ ਖੋਟੇ (ਹੋ ਚੁਕੇ ਗਿਆਨ-ਇੰਦ੍ਰੇ) ਖਰੇ ਹੋ ਜਾਣਗੇ ।੧।

ਪਰ ਮਨੁੱਖ ਨਿਰੀਆਂ ਗੱਲਾਂ ਨਾਲ ਹੀ ਪਹਾੜ ਚੁੱਕਣੇ ਚਾਹੁੰਦਾ ਹੈ (ਨਿਰੀਆਂ ਗੱਲਾਂ ਨਾਲ) ਉਹ ਪਹਾੜ ਉੱਥੇ ਦੇ ਉੱਥੇ ਹੀ ਧਰੇ ਰਹਿ ਜਾਂਦੇ ਹਨ । ਹੇ ਨਾਨਕ! (ਆਖ—) ਹੇ ਪ੍ਰਭੂ! (ਇਹਨਾਂ ਛਿਦ੍ਰਾਂ ਤੋਂ ਬਚਣ ਵਾਸਤੇ ਅਸਾਂ ਜੀਵਾਂ ਵਿਚ) ਕੋਈ ਜ਼ੋਰ ਨਹੀਂ ਕੋਈ ਤਾਕਤ ਨਹੀਂ । ਅਸੀ ਤੇਰੀ ਸਰਨ ਆ ਪਏ ਹਾਂ, ਸਾਨੂੰ ਤੂੰ ਆਪ ਬਚਾ ਲੈ ।੨।੭।੧੨।

ਟੋਡੀ ਮਹਲਾ ੫ ॥ ਹਰਿ ਕੇ ਚਰਨ ਕਮਲ ਮਨਿ ਧਿਆਉ ॥ ਕਾਢਿ ਕੁਠਾਰੁ ਪਿਤ ਬਾਤ ਹੰਤਾ ਅਉਖਧੁ ਹਰਿ ਕੋ ਨਾਉ ॥੧॥ ਰਹਾਉ ॥ ਤੀਨੇ ਤਾਪ ਨਿਵਾਰਣਹਾਰਾ ਦੁਖ ਹੰਤਾ ਸੁਖ ਰਾਸਿ ॥ ਤਾ ਕਉ ਬਿਘਨੁ ਨ ਕੋਊ ਲਾਗੈ ਜਾ ਕੀ ਪ੍ਰਭ ਆਗੈ ਅਰਦਾਸਿ ॥੧॥ ਸੰਤ ਪ੍ਰਸਾਦਿ ਬੈਦ ਨਾਰਾਇਣ ਕਰਣ ਕਾਰਣ ਪ੍ਰਭ ਏਕ ॥ ਬਾਲ ਬੁਧਿ ਪੂਰਨ ਸੁਖਦਾਤਾ ਨਾਨਕ ਹਰਿ ਹਰਿ ਟੇਕ ॥੨॥੮॥੧੩॥ {ਪੰਨਾ ੭੧੪}

ਪਦ ਅਰਥ :—ਚਰਨ ਕਮਲ—ਕੌਲ ਫੁੱਲ ਵਰਗੇ ਕੋਮਲ ਚਰਨ । ਮਨਿ—ਮਨ ਵਿਚ । ਧਿਆਉ—ਧਿਆਉਂ, ਮੈਂ ਧਿਆਨ ਧਰਦਾ ਹਾਂ । ਕਾਢਿ—ਕੱਢ ਕੇ । ਕੁਠਾਰੁ—ਕੁਹਾੜਾ । ਪਿਤ—ਪਿੱਤ, ਗਰਮੀ, (ਕ੍ਰੋਧ) । ਬਾਤ—ਵਾਈ (ਅਹੰਕਾਰ) । ਅਉਖਧੁ—ਦਵਾਈ । ਕੋ—ਦਾ ।੧।ਰਹਾਉ।

ਤੀਨੇ ਤਾਪ—ਆਧਿ, ਵਿਆਧਿ, ਉਪਾਧਿ (ਮਾਨਸਕ ਰੋਗ, ਸਰੀਰਕ ਰੋਗ, ਝਗੜੇ ਆਦਿਕ) । ਰਾਸਿ—ਪੂੰਜੀ । ਤਾ ਕਉ—ਉਸ (ਮਨੁੱਖ) ਨੂੰ । ਬਿਘਨੁ—ਰੁਕਾਵਟ ।੧।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਬੈਦ—ਹਕੀਮ । ਕਰਣ ਕਾਰਣ—ਜਗਤ ਦਾ ਮੂਲ । ਬਾਲ ਬੁਧਿ—ਬਾਲਕਾਂ ਵਾਲੀ ਸਰਲ ਬੁਧਿ ਵਾਲੇ ਮਨੁੱਖ, ਜੇਹੜੇ ਚਤੁਰਾਈ ਛੱਡ ਦੇਂਦੇ ਹਨ । ਟੇਕ—ਆਸਰਾ ।੨।

ਅਰਥ :—ਹੇ ਭਾਈ! ਮੈਂ ਤਾਂ ਆਪਣੇ ਮਨ ਵਿਚ ਪਰਮਾਤਮਾ ਦੇ ਕੋਮਲ ਚਰਨਾਂ ਦਾ ਧਿਆਨ ਧਰਦਾ ਰਹਿੰਦਾ ਹਾਂ । ਪਰਮਾਤਮਾ ਦਾ ਨਾਮ (ਇਕ ਐਸੀ) ਦਵਾਈ ਹੈ ਜੇਹੜੀ (ਮਨੁੱਖ ਦੇ ਅੰਦਰੋਂ) ਕ੍ਰੋਧ ਅਤੇ ਅਹੰਕਾਰ (ਆਦਿਕ ਰੋਗ) ਪੂਰੀ ਤਰ੍ਹਾਂ ਕੱਢ ਦੇਂਦੀ ਹੈ (ਜਿਵੇਂ ਦਵਾਈ ਸਰੀਰ ਵਿਚੋਂ ਗਰਮੀ ਤੇ ਵਾਈ ਦੇ

ਰੋਗ ਦੂਰ ਕਰਦੀ ਹੈ) ।੧।ਰਹਾਉ।

ਹੇ ਭਾਈ! ਪਰਮਾਤਮਾ (ਦਾ ਨਾਮ ਮਨੁੱਖ ਦੇ ਅੰਦਰੋਂ ਆਧਿ ਵਿਆਧਿ ਉਪਾਧਿ) ਤਿੰਨੇ ਹੀ ਤਾਪ ਦੂਰ ਕਰਨ ਵਾਲਾ ਹੈ, ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਅਤੇ ਸੁਖਾਂ ਦਾ ਸਰਮਾਇਆ ਹੈ । ਜਿਸ ਮਨੁੱਖ ਦੀ ਅਰਦਾਸ ਸਦਾ ਪ੍ਰਭੂ ਦੇ ਦਰ ਤੇ ਜਾਰੀ ਰਹਿੰਦੀ ਹੈ, ਉਸ ਦੇ ਜੀਵਨ ਦੇ ਰਸਤੇ ਵਿਚ ਕੋਈ ਰੁਕਾਵਟ ਨਹੀ ਆਉਂਦੀ ।੧।

ਹੇ ਭਾਈ! ਇਕ ਪਰਮਾਤਮਾ ਹੀ ਜਗਤ ਦਾ ਮੂਲ ਹੈ, (ਜੀਵਾਂ ਦੇ ਰੋਗ ਦੂਰ ਕਰਨ ਵਾਲਾ) ਹਕੀਮ ਹੈ । ਇਹ ਪ੍ਰਭੂ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ । ਹੇ ਨਾਨਕ! ਜੇਹੜੇ ਮਨੁੱਖ ਆਪਣੇ ਅੰਦਰੋਂ ਚਤੁਰਾਈ ਦੂਰ ਕਰ ਦੇਂਦੇ ਹਨ, ਸਾਰੇ ਸੁਖ ਦੇਣ ਵਾਲਾ ਪਰਮਾਤਮਾ ਉਹਨਾਂ ਨੂੰ ਮਿਲ ਪੈਂਦਾ ਹੈ, ਉਹਨਾਂ (ਦੀ ਜ਼ਿੰਦਗੀ) ਦਾ ਸਹਾਰਾ ਬਣ ਜਾਂਦਾ ਹੈ ।੨।੮।੧੩।

ਟੋਡੀ ਮਹਲਾ ੫ ॥ ਹਰਿ ਹਰਿ ਨਾਮੁ ਸਦਾ ਸਦ ਜਾਪਿ ॥ ਧਾਰਿ ਅਨੁਗ੍ਰਹੁ ਪਾਰਬ੍ਰਹਮ ਸੁਆਮੀ ਵਸਦੀ ਕੀਨੀ ਆਪਿ ॥੧॥ ਰਹਾਉ ॥ ਜਿਸ ਕੇ ਸੇ ਫਿਰਿ ਤਿਨ ਹੀ ਸਮ੍ਹਾਲੇ ਬਿਨਸੇ ਸੋਗ ਸੰਤਾਪ ॥ ਹਾਥ ਦੇਇ ਰਾਖੇ ਜਨ ਅਪਨੇ ਹਰਿ ਹੋਏ ਮਾਈ ਬਾਪ ॥੧॥ ਜੀਅ ਜੰਤ ਹੋਏ ਮਿਹਰਵਾਨਾ ਦਯਾ ਧਾਰੀ ਹਰਿ ਨਾਥ ॥ ਨਾਨਕ ਸਰਨਿ ਪਰੇ ਦੁਖ ਭੰਜਨ ਜਾ ਕਾ ਬਡ ਪਰਤਾਪ ॥੨॥੯॥੧੪॥ {ਪੰਨਾ ੭੧੪}

ਪਦ ਅਰਥ :—ਸਦ—ਸਦਾ । ਜਾਪਿ—ਜਪਿਆ ਕਰ । ਅਨੁਗ੍ਰਹੁ—ਕਿਰਪਾ । ਧਾਰਿ—ਧਾਰ ਕੇ, ਕਰ ਕੇ । ਵਸਦੀ ਕੀਨੀ—ਵਸਾ ਦਿੱਤੀ ।੧।ਰਹਾਉ।

ਜਿਸ ਕੇ—ਲਫ਼ਜ਼ 'ਜਿਸੁ' ਦਾ _ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} । ਸੇ—ਸਨ । ਤਿਨ ਹੀ—ਤਿਨਿ ਹੀ, ਉਸ ਨੇ ਹੀ {ਲਫ਼ਜ਼ 'ਤਿਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਸਮ੍ਹਾਲੇ—ਸੰਭਾਲ ਕੀਤੀ, ਸੰਭਾਲ ਕਰਦਾ ਹੈ । ਸੋਗ—ਚਿੰਤਾ-ਫ਼ਿਕਰ । ਸੰਤਾਪ—ਦੁੱਖ-ਕਲੇਸ਼ । ਦੇਇ—ਦੇ ਕੇ ।੧।

ਜੀਅ ਜੰਤ—ਸਾਰੇ ਹੀ ਜੀਵ । ਜਾ ਕਾ—ਜਿਸ (ਪਰਮਾਤਮਾ) ਦਾ ।੨।

ਅਰਥ :—ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰ । (ਜਿਸ ਭੀ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ) ਮਾਲਕ-ਪ੍ਰਭੂ ਨੇ ਆਪਣੀ ਮਿਹਰ ਕਰ ਕੇ (ਉਸ ਦੀ ਸੁੰਞੀ ਪਈ ਹਿਰਦਾ-ਨਗਰੀ ਨੂੰ ਸੋਹਣੇ ਆਤਮਕ ਗੁਣਾਂ ਨਾਲ) ਆਪ ਵਸਾ ਦਿੱਤਾ ।੧।ਰਹਾਉ।

ਹੇ ਭਾਈ! ਜਿਸ ਪ੍ਰਭੂ ਦੇ ਅਸੀ ਪੈਦਾ ਕੀਤੇ ਹੋਏ ਹਾਂ, ਉਹ ਪ੍ਰਭੂ (ਉਹਨਾਂ ਮਨੁੱਖਾਂ ਦੀ) ਆਪ ਸੰਭਾਲ ਕਰਦਾ ਹੈ (ਜੇਹੜੇ ਉਸ ਦਾ ਨਾਮ ਜਪਦੇ ਹਨ, ਉਹਨਾਂ ਦੇ ਸਾਰੇ) ਚਿੰਤਾ-ਫ਼ਿਕਰ ਦੁੱਖ-ਕਲੇਸ਼ ਨਾਸ ਹੋ ਜਾਂਦੇ ਹਨ । ਪਰਮਾਤਮਾ ਆਪਣੇ ਹੱਥ ਦੇ ਕੇ ਆਪਣੇ ਸੇਵਕਾਂ ਨੂੰ (ਚਿੰਤਾ-ਫ਼ਿਕਰਾਂ ਤੋਂ ਦੁੱਖਾਂ-ਕਲੇਸ਼ਾਂ ਤੋਂ) ਆਪ ਬਚਾਂਦਾ ਹੈ, ਉਹਨਾਂ ਦਾ ਮਾਂ ਪਿਉ ਬਣਿਆ ਰਹਿੰਦਾ ਹੈ ।੧।

ਹੇ ਭਾਈ! ਪਰਮਾਤਮਾ ਸਾਰੇ ਹੀ ਜੀਵਾਂ ਉਤੇ ਮਿਹਰ ਕਰਨ ਵਾਲਾ ਹੈ, ਉਹ ਖ਼ਸਮ ਪ੍ਰਭੂ ਸਭਨਾਂ ਉਤੇ ਦਇਆ ਕਰਦਾ ਹੈ । ਹੇ ਨਾਨਕ! (ਆਖ—) ਮੈਂ ਉਸ ਪ੍ਰਭੂ ਦੀ ਸਰਨ ਪਿਆ ਹਾਂ, ਜੋ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਤੇ, ਜਿਸ ਦਾ ਤੇਜ-ਪ੍ਰਤਾਪ ਬਹੁਤ ਹੈ ।੨।੯।੧੪।

ਟੋਡੀ ਮਹਲਾ ੫ ॥ ਸ੍ਵਾਮੀ ਸਰਨਿ ਪਰਿਓ ਦਰਬਾਰੇ ॥ ਕੋਟਿ ਅਪਰਾਧ ਖੰਡਨ ਕੇ ਦਾਤੇ ਤੁਝ ਬਿਨੁ ਕਉਨੁ ਉਧਾਰੇ ॥੧॥ ਰਹਾਉ ॥ ਖੋਜਤ ਖੋਜਤ ਬਹੁ ਪਰਕਾਰੇ ਸਰਬ ਅਰਥ ਬੀਚਾਰੇ ॥ ਸਾਧ ਸੰਗਿ ਪਰਮ ਗਤਿ ਪਾਈਐ ਮਾਇਆ ਰਚਿ ਬੰਧਿ ਹਾਰੇ ॥੧॥ ਚਰਨ ਕਮਲ ਸੰਗਿ ਪ੍ਰੀਤਿ ਮਨਿ ਲਾਗੀ ਸੁਰਿਜਨ ਮਿਲੇ ਪਿਆਰੇ ॥ ਨਾਨਕ ਅਨਦ ਕਰੇ ਹਰਿ ਜਪਿ ਜਪਿ ਸਗਲੇ ਰੋਗ ਨਿਵਾਰੇ ॥੨॥੧੦॥੧੫॥ {ਪੰਨਾ ੭੧੪}

ਪਦ ਅਰਥ :—ਸ੍ਵਾਮੀ—ਹੇ ਨਾਨਕ! ਪਰਿਓ—ਆ ਪਿਆ ਹਾਂ । ਦਰਬਾਰੇ—ਤੇਰੇ ਦਰ ਤੇ । ਕੋਟਿ—ਕ੍ਰੋੜਾਂ । ਅਪਰਾਧ—ਭੁੱਲਾਂ । ਖੰਡਨ ਕੇ ਦਾਤੇ—ਨਾਸ ਕਰਨ ਦੇ ਸਮਰੱਥ, ਹੇ ਦਾਤਾਰ! ਉਧਾਰੇ—(ਭੁੱਲਾਂ ਤੋਂ) ਬਚਾਏ ।੧।ਰਹਾਉ।

ਖੋਜਤ—ਭਾਲਦਿਆਂ । ਬਹੁ ਪਰਕਾਰੇ—ਕਈ ਤਰੀਕਿਆਂ ਨਾਲ । ਸਰਬ ਅਰਥ—ਸਾਰੀਆਂ ਗੱਲਾਂ । ਸੰਗਿ—ਸੰਗਤਿ ਵਿਚ । ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ । ਰਚਿ—ਰਚ ਕੇ, ਫਸ ਕੇ । ਬੰਧਿ—ਬੰਧਨ ਵਿਚ । ਮਾਇਆ ਰਚਿ ਬੰਧਿ—ਮਾਇਆ (ਦੇ ਮੋਹ) ਦੇ ਬੰਧਨ ਵਿਚ ਫਸ ਕੇ । ਹਾਰੇ—ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਈਦੀ ਹੈ ।੧।

ਸੰਗਿ—ਨਾਲ । ਮਨਿ—ਮਨ ਵਿਚ । ਸੁਰਿਜਨ—ਗੁਰਮੁਖ ਸੱਜਣ । ਕਰੇ—ਕਰਦਾ ਹੈ । ਜਪਿ—ਜਪ ਕੇ । ਸਗਲੇ—ਸਾਰੇ । ਨਿਵਾਰੇ—ਦੂਰ ਕਰ ਲੈਂਦਾ ਹੈ ।੨।

ਅਰਥ :—ਹੇ ਮਾਲਕ-ਪ੍ਰਭੂ! ਮੈਂ ਤੇਰੀ ਸਰਨ ਆ ਪਿਆ ਹਾਂ, ਮੈਂ ਤੇਰੇ ਦਰ ਤੇ (ਆ ਡਿੱਗਾ ਹਾਂ) । ਹੇ ਕ੍ਰੋੜਾਂ ਭੁੱਲਾਂ ਨਾਸ ਕਰਨ ਦੇ ਸਮਰਥ ਦਾਤਾਰ! ਤੈਥੋਂ ਬਿਨਾ ਹੋਰ ਕੌਣ ਮੈਨੂੰ ਭੁੱਲਾਂ ਤੋਂ ਬਚਾ ਸਕਦਾ ਹੈ? ।੧।ਰਹਾਉ।

ਹੇ ਭਾਈ! ਕਈ ਤਰੀਕਿਆਂ ਨਾਲ ਖੋਜ ਕਰ ਕਰ ਕੇ ਮੈਂ ਸਾਰੀਆਂ ਗੱਲਾਂ ਵਿਚਾਰੀਆਂ ਹਨ (ਤੇ, ਇਸ ਨਤੀਜੇ ਉਤੇ ਅੱਪੜਿਆ ਹਾਂ, ਕਿ) ਗੁਰੂ ਦੀ ਸੰਗਤਿ ਵਿਚ ਟਿਕਿਆਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈਦੀ ਹੈ, ਅਤੇ ਮਾਇਆ ਦੇ (ਮੋਹ ਦੇ) ਬੰਧਨ ਵਿਚ ਫਸ ਕੇ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਜਾਈਦੀ ਹੈ ।੧।

ਹੇ ਨਾਨਕ! ਜਿਸ ਮਨੁੱਖ ਨੂੰ ਪਿਆਰੇ ਗੁਰਮੁਖਿ ਸੱਜਣ ਮਿਲ ਪੈਂਦੇ ਹਨ ਉਸ ਦੇ ਮਨ ਵਿਚ ਪਰਮਾਤਮਾ ਦੇ ਕੋਮਲ ਚਰਨਾਂ ਦਾ ਪਿਆਰ ਬਣ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦਾ ਨਾਮ ਜਪ ਜਪ ਕੇ ਆਤਮਕ ਆਨੰਦ ਮਾਣਦਾ ਹੈ ਅਤੇ ਉਹ (ਆਪਣੇ ਅੰਦਰੋਂ) ਸਾਰੇ ਰੋਗ ਦੂਰ ਕਰ ਲੈਂਦਾ ਹੈ ।੨।੧੦।੧੫।

ਟੋਡੀ ਮਹਲਾ ੫ ਘਰੁ ੩ ਚਉਪਦੇ

ੴ ਸਤਿਗੁਰ ਪ੍ਰਸਾਦਿ ॥ ਹਾਂ ਹਾਂ ਲਪਟਿਓ ਰੇ ਮੂੜ੍ਹੇ ਕਛੂ ਨ ਥੋਰੀ ॥ ਤੇਰੋ ਨਹੀ ਸੁ ਜਾਨੀ ਮੋਰੀ ॥ ਰਹਾਉ ॥ ਆਪਨ ਰਾਮੁ ਨ ਚੀਨੋ ਖਿਨੂਆ ॥ ਜੋ ਪਰਾਈ ਸੁ ਅਪਨੀ ਮਨੂਆ ॥੧॥ ਨਾਮੁ ਸੰਗੀ ਸੋ ਮਨਿ ਨ ਬਸਾਇਓ ॥ ਛੋਡਿ ਜਾਹਿ ਵਾਹੂ ਚਿਤੁ ਲਾਇਓ ॥੨॥ ਸੋ ਸੰਚਿਓ ਜਿਤੁ ਭੂਖ ਤਿਸਾਇਓ ॥ ਅੰਮ੍ਰਿਤ ਨਾਮੁ ਤੋਸਾ ਨਹੀ ਪਾਇਓ ॥੩॥ ਕਾਮ ਕ੍ਰੋਧਿ ਮੋਹ ਕੂਪਿ ਪਰਿਆ ॥ ਗੁਰ ਪ੍ਰਸਾਦਿ ਨਾਨਕ ਕੋ ਤਰਿਆ ॥੪॥੧॥੧੬॥ {ਪੰਨਾ ੭੧੫}

ਪਦ ਅਰਥ :—ਹਾਂ ਹਾਂ—ਠੀਕ ਹੈ, ਮੈਂ ਸਮਝ ਲਿਆ ਹੈ । ਰੇ ਮੂੜ੍ਹੇ—ਹੇ ਮੂਰਖ (ਮਨ)! ਥੋਰੀ—ਥੋੜੀ । ਸੁ—ਉਹ (ਮਾਇਆ) । ਜਾਨੀ ਮੋਰੀ—ਤੂੰ ਆਪਣੀ ਸਮਝ ਬੈਠਾ ਹੈਂ ।੧।ਰਹਾਉ।

ਚੀਨੋ—ਪਛਾਣਿਆ, ਸਾਂਝ ਪਾਈ । ਖਿਨੂਆ—ਇਕ ਛਿਨ ਵਾਸਤੇ ਭੀ । ਮਨੂਆ—ਮੰਨੀ ਹੋਈ ਹੈ ।੧।

ਸੰਗੀ—ਸਾਥੀ । ਮਨਿ—ਮਨ ਵਿਚ । ਛੋਡਿ ਜਾਹਿ—(ਜੇਹੜੇ ਪਦਾਰਥ) ਛੱਡ ਜਾਣਗੇ । ਵਾਹੂ—ਉਹਨਾਂ ਨਾਲ ।੨।

ਸੰਚਿਓ—ਇਕੱਠਾ ਕੀਤਾ ਹੈ । ਜਿਤੁ—ਜਿਸ ਦੀ ਰਾਹੀਂ । ਤਿਸਾਇਓ—ਤ੍ਰਿਖਾ, ਤ੍ਰੇਹ । ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਨਾਮ । ਤੋਸਾ—ਰਸਤੇ ਦਾ ਖ਼ਰਚ ।੩।

ਕ੍ਰੋਧਿ—ਕ੍ਰੋਧ ਵਿਚ । ਕੂਪਿ—ਖੂਹ ਵਿਚ । ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਕੋ—ਕੋਈ ਵਿਰਲਾ ।੪।

ਅਰਥ :—ਹੇ ਮੂਰਖ (ਮਨ)! ਮੈਂ ਸਮਝ ਲਿਆ ਹੈ ਕਿ ਤੂੰ (ਮਾਇਆ ਨਾਲ) ਚੰਬੜਿਆ ਹੋਇਆ ਹੈਂ, (ਤੇਰੀ ਉਸ ਨਾਲ ਪ੍ਰੀਤਿ ਭੀ) ਕੁਝ ਥੋੜੀ ਜਿਹੀ ਨਹੀਂ ਹੈ । (ਜੇਹੜੀ ਮਾਇਆ ਸਦਾ) ਤੇਰੀ ਨਹੀਂ ਬਣੀ ਰਹਿਣੀ, ਉਸ ਨੂੰ ਤੂੰ ਆਪਣੀ ਸਮਝ ਰਿਹਾ ਹੈਂ ।ਰਹਾਉ।

ਹੇ ਭਾਈ! ਪਰਮਾਤਮਾ (ਹੀ) ਆਪਣਾ (ਅਸਲ ਸਾਥੀ ਹੈ ਉਸ ਨਾਲ ਤੂੰ) ਇਕ ਛਿਨ ਵਾਸਤੇ ਭੀ ਜਾਣ-ਪਛਾਣ ਨਹੀਂ ਪਾਈ । ਜੇਹੜੀ (ਮਾਇਆ) ਬਿਗਾਨੀ (ਬਣ ਜਾਣੀ) ਹੈ ਉਸ ਨੂੰ ਤੂੰ ਆਪਣੀ ਮੰਨ ਲਿਆ ਹੈ ।੧।

ਹੇ ਭਾਈ! ਪਰਮਾਤਮਾ ਦਾ ਨਾਮ (ਅਸਲ) ਸਾਥੀ ਹੈ, ਉਸ ਨੂੰ ਤੂੰ ਆਪਣੇ ਮਨ ਵਿਚ (ਕਦੇ) ਨਹੀਂ ਵਸਾਇਆ । (ਜੇਹੜੇ ਪਦਾਰਥ ਆਖ਼ਰ) ਛੱਡ ਜਾਣਗੇ, ਉਹਨਾਂ ਨਾਲ ਤੂੰ ਚਿੱਤ ਜੋੜਿਆ ਹੋਇਆ ਹੈ ।੨।

ਹੇ ਭਾਈ! ਤੂੰ ਉਸ ਧਨ-ਪਦਾਰਥ ਨੂੰ ਇਕੱਠਾ ਕਰ ਰਿਹਾ ਹੈਂ, ਜਿਸ ਦੀ ਰਾਹੀਂ (ਮਾਇਆ ਦੀ) ਭੁੱਖ ਤ੍ਰੇਹ (ਬਣੀ ਰਹੇਗੀ) । ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਜੀਵਨ-ਸਫ਼ਰ ਦਾ ਖ਼ਰਚ ਹੈ, ਉਹ ਤੂੰ ਹਾਸਲ ਨਹੀਂ ਕੀਤਾ ।੩।

ਹੇ ਨਾਨਕ! (ਆਖ—ਹੇ ਭਾਈ!) ਤੂੰ ਕਾਮ ਕ੍ਰੋਧ ਵਿਚ ਤੂੰ ਮੋਹ ਦੇ ਖੂਹ ਵਿਚ ਪਿਆ ਹੋਇਆ ਹੈਂ । (ਪਰ ਤੇਰੇ ਭੀ ਕੀਹ ਵੱਸ?) ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਸ ਖੂਹ ਵਿਚੋਂ) ਪਾਰ ਲੰਘਦਾ ਹੈ ।੪।੧।੧੬।

ਟੋਡੀ ਮਹਲਾ ੫ ॥ ਹਮਾਰੈ ਏਕੈ ਹਰੀ ਹਰੀ ॥ ਆਨ ਅਵਰ ਸਿਞਾਣਿ ਨ ਕਰੀ ॥ ਰਹਾਉ ॥ ਵਡੈ ਭਾਗਿ ਗੁਰੁ ਅਪੁਨਾ ਪਾਇਓ ॥ ਗੁਰਿ ਮੋ ਕਉ ਹਰਿ ਨਾਮੁ ਦ੍ਰਿੜਾਇਓ ॥੧॥ ਹਰਿ ਹਰਿ ਜਾਪ ਤਾਪ ਬ੍ਰਤ ਨੇਮਾ ॥ ਹਰਿ ਹਰਿ ਧਿਆਇ ਕੁਸਲ ਸਭਿ ਖੇਮਾ ॥੨॥ ਆਚਾਰ ਬਿਉਹਾਰ ਜਾਤਿ ਹਰਿ ਗੁਨੀਆ ॥ ਮਹਾ ਅਨੰਦ ਕੀਰਤਨ ਹਰਿ ਸੁਨੀਆ ॥੩॥ ਕਹੁ ਨਾਨਕ ਜਿਨਿ ਠਾਕੁਰੁ ਪਾਇਆ ॥ ਸਭੁ ਕਿਛੁ ਤਿਸ ਕੇ ਗ੍ਰਿਹ ਮਹਿ ਆਇਆ ॥੪॥੨॥੧੭॥ {ਪੰਨਾ ੭੧੫}

ਪਦ ਅਰਥ :—ਹਮਾਰੈ—ਮੇਰੇ ਵਾਸਤੇ, ਮੇਰੇ ਹਿਰਦੇ ਵਿਚ । ਆਨ ਅਵਰ—ਕੋਈ ਹੋਰ । ਨ ਕਰੀ—ਨ ਕਰੀਂ, ਮੈਂ ਨਹੀਂ ਕਰਦਾ ।ਰਹਾਉ।

ਭਾਗਿ—ਕਿਸਮਤ ਨਾਲ । ਗੁਰਿ—ਗੁਰੂ ਨੇ । ਕਉ—ਨੂੰ । ਮੋ ਕਉ—ਮੈਨੂੰ । ਦ੍ਰਿੜਾਇਓ—ਪੱਕਾ ਕਰ ਦਿੱਤਾ ।੧।

ਨੇਮਾ—ਧਾਰਮਿਕ ਰਹਿਤ । ਕੁਸਲ ਖੇਮ—ਖ਼ੁਸ਼ੀਆਂ ਸੁਖ । ਸਭਿ—ਸਾਰੇ ।੧।

ਆਚਾਰ ਬਿਉਹਾਰ—ਕਰਮ ਕਾਂਡ, ਧਾਰਮਿਕ ਰਸਮਾਂ । ਗੁਨੀਆ—ਗੁਣ । ਸੁਨੀਆ—ਸੁਣ ਕੇ ।੩।

ਨਾਨਕ—ਹੇ ਨਾਨਕ! ਜਿਨਿ—ਜਿਸ (ਮਨੁੱਖ) ਨੇ । ਤਿਸ ਕੇ—{ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} । ਗ੍ਰਿਹ—ਹਿਰਦਾ-ਘਰ ।੪।

ਅਰਥ :—ਹੇ ਭਾਈ! ਮੈਂ ਆਪਣੇ ਹਿਰਦੇ ਵਿਚ ਇਕ ਪਰਮਾਤਮਾ ਦਾ ਹੀ ਆਸਰਾ ਰੱਖਿਆ ਹੋਇਆ ਹੈ । (ਪਰਮਾਤਮਾ ਤੋਂ ਬਿਨਾ) ਮੈਂ ਕੋਈ ਹੋਰ ਆਸਰਾ ਨਹੀਂ ਪਛਾਣਦਾ ।ਰਹਾਉ।

ਹੇ ਭਾਈ! ਬੜੀ ਕਿਸਮਤਿ ਨਾਲ ਮੈਂ ਆਪਣਾ ਗੁਰੂ ਲੱਭਾ । ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ (ਦੇ ਕੇ) ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ।੧।

ਹੁਣ, ਹੇ ਭਾਈ! ਪਰਮਾਤਮਾ ਦਾ ਨਾਮ ਹੀ (ਮੇਰੇ ਵਾਸਤੇ) ਜਪ ਤਪ ਹੈ, ਵਰਤ ਹੈ, ਧਾਰਮਿਕ ਨਿਯਮ ਹੈ । ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਮੈਨੂੰ ਸਾਰੇ ਸੁਖ ਆਨੰਦ ਪ੍ਰਾਪਤ ਹੋ ਰਹੇ ਹਨ ।੨।

ਹੇ ਭਾਈ! ਪਰਮਾਤਮਾ ਦੇ ਗੁਣ ਗਾਣੇ (ਹੁਣ ਮੇਰੇ ਵਾਸਤੇ) ਧਾਰਮਿਕ ਰਸਮਾਂ ਅਤੇ (ਉੱਚੀ) ਜਾਤਿ ਹੈ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਸੁਣ ਕੇ (ਮੇਰੇ ਅੰਦਰ) ਵੱਡਾ ਆਨੰਦ ਪੈਦਾ ਹੁੰਦਾ ਹੈ ।੩।

ਹੇ ਨਾਨਕ! ਆਖ—ਜਿਸ ਮਨੁੱਖ ਨੇ (ਆਪਣੇ ਹਿਰਦੇ ਵਿਚ ਵੱਸਦਾ) ਪਰਮਾਤਮਾ ਲੱਭ ਲਿਆ, ਉਸ ਦੇ ਹਿਰਦੇ-ਘਰ ਵਿਚ ਹਰੇਕ ਚੀਜ਼ ਆ ਗਈ

।੪।੨।੧੭।

ਟੋਡੀ ਮਹਲਾ ੫ ਘਰੁ ੪ ਦੁਪਦੇ

ੴ ਸਤਿਗੁਰ ਪ੍ਰਸਾਦਿ ॥ ਰੂੜੋ ਮਨੁ ਹਰਿ ਰੰਗੋ ਲੋੜੈ ॥ ਗਾਲੀ ਹਰਿ ਨੀਹੁ ਨ ਹੋਇ ॥ ਰਹਾਉ ॥ ਹਉ ਢੂਢੇਦੀ ਦਰਸਨ ਕਾਰਣਿ ਬੀਥੀ ਬੀਥੀ ਪੇਖਾ ॥ ਗੁਰ ਮਿਲਿ ਭਰਮੁ ਗਵਾਇਆ ਹੇ ॥੧॥ ਇਹ ਬੁਧਿ ਪਾਈ ਮੈ ਸਾਧੂ ਕੰਨਹੁ ਲੇਖੁ ਲਿਖਿਓ ਧੁਰਿ ਮਾਥੈ ॥ ਇਹ ਬਿਧਿ ਨਾਨਕ ਹਰਿ ਨੈਣ ਅਲੋਇ ॥੨॥੧॥੧੮॥ {ਪੰਨਾ ੭੧੫}

ਪਦ ਅਰਥ :—ਰੂੜੋ—ਸੁੰਦਰ । ਰੂੜੋ ਹਰਿ ਰੰਗੋ—ਪਰਮਾਤਮਾ ਦਾ ਸੋਹਣਾ ਪ੍ਰੇਮ-ਰੰਗ । ਲੋੜੈ—ਚਾਹੁੰਦਾ ਹੈ । ਗਾਲੀ—(ਨਿਰੀਆਂ) ਗੱਲਾਂ ਨਾਲ । ਨੀਹੁ—ਨਿਹੁ, ਪ੍ਰੇਮ ।ਰਹਾਉ।

ਹਉ—ਮੈਂ । ਢੂਢੇਦੀ—ਢੂੰਢਦੀ ਰਹੀ । ਬੀਥੀ—{ਵੀਥਿ} ਗਲੀ । ਬੀਥੀ ਬੀਥੀ—ਗਲੀ ਗਲੀ, ਜਾਪ ਤਾਪ ਕਰਮ ਕਾਂਡ ਆਦਿਕ ਦੀ ਹਰੇਕ ਗਲੀ । ਪੇਖਾ—ਪੇਖਾਂ, ਮੈਂ ਵੇਖਿਆ । ਮਿਲਿ—ਮਿਲ ਕੇ । ਭਰਮੁ—ਭਟਕਦਾ ।੧।

ਬੁਧਿ—ਅਕਲ, ਸਮਝ । ਸਾਧੂ ਕੰਨਹੁ—ਗੁਰੂ ਪਾਸੋਂ । ਧੁਰਿ—ਧੁਰ ਦਰਗਾਹ ਤੋਂ । ਅਲੋਇ—(ਮੈਂ) ਵੇਖ ਲਿਆ ।੨।

ਅਰਥ :—(ਹੇ ਭਾਈ! ਉਂਞ ਤਾਂ ਇਹ) ਮਨ ਪਰਮਾਤਮਾ ਦਾ ਸੋਹਣਾ ਪ੍ਰੇਮ-ਰੰਗ (ਪ੍ਰਾਪਤ ਕਰਨਾ) ਚਾਹੁੰਦਾ ਰਹਿੰਦਾ ਹੈ, ਪਰ ਨਿਰੀਆਂ ਗੱਲਾਂ ਨਾਲ ਪ੍ਰੇਮ ਨਹੀਂ ਮਿਲਦਾ ।ਰਹਾਉ।

ਹੇ ਭਾਈ! ਪਰਮਾਤਮਾ ਦਾ ਦਰਸਨ ਕਰਨ ਵਾਸਤੇ ਮੈਂ (ਜਾਪ ਤਾਪ ਕਰਮ ਕਾਂਡ ਆਦਿਕ ਦੀ) ਗਲੀ ਗਲੀ ਢੂੰਢਦੀ ਰਹੀ, ਵੇਖਦੀ ਰਹੀ । (ਆਖ਼ਰ) ਗੁਰੂ ਨੂੰ ਮਿਲ ਕੇ (ਮੈਂ ਆਪਣੇ ਮਨ ਦੀ) ਭਟਕਣਾ ਦੂਰ ਕੀਤੀ ਹੈ ।੧।

(ਹੇ ਭਾਈ! ਮਨ ਦੀ ਭਟਕਣਾ ਦੂਰ ਕਰਨ ਦੀ) ਇਹ ਅਕਲ ਮੈਂ ਗੁਰੂ ਪਾਸੋਂ ਹਾਸਲ ਕੀਤੀ, ਮੇਰੇ ਮੱਥੇ ਉਤੇ (ਗੁਰੂ ਦੇ ਮਿਲਾਪ ਦਾ) ਲੇਖ ਧੁਰ ਦਰਗਾਹ ਤੋਂ ਲਿਖਿਆ ਹੋਇਆ ਸੀ । ਹੇ ਨਾਨਕ! (ਆਖ—) ਇਸ ਤਰ੍ਹਾਂ ਮੈਂ ਪਰਮਾਤਮਾ ਨੂੰ (ਹਰ ਥਾਂ ਵੱਸਦਾ) ਆਪਣੀਆਂ ਅੱਖਾਂ ਨਾਲ ਵੇਖ ਲਿਆ ।੨।੧।੧੮।

ਟੋਡੀ ਮਹਲਾ ੫ ॥ ਗਰਬਿ ਗਹਿਲੜੋ ਮੂੜੜੋ ਹੀਓ ਰੇ ॥ ਹੀਓ ਮਹਰਾਜ ਰੀ ਮਾਇਓ ॥ ਡੀਹਰ ਨਿਆਈ ਮੋਹਿ ਫਾਕਿਓ ਰੇ ॥ ਰਹਾਉ ॥ ਘਣੋ ਘਣੋ ਘਣੋ ਸਦ ਲੋੜੈ ਬਿਨੁ ਲਹਣੇ ਕੈਠੈ ਪਾਇਓ ਰੇ ॥ ਮਹਰਾਜ ਰੋ ਗਾਥੁ ਵਾਹੂ ਸਿਉ ਲੁਭੜਿਓ ਨਿਹਭਾਗੜੋ ਭਾਹਿ ਸੰਜੋਇਓ ਰੇ ॥੧॥ ਸੁਣਿ ਮਨ ਸੀਖ ਸਾਧੂ ਜਨ ਸਗਲੋ ਥਾਰੇ ਸਗਲੇ ਪ੍ਰਾਛਤ ਮਿਟਿਓ ਰੇ ॥ ਜਾ ਕੋ ਲਹਣੋ ਮਹਰਾਜ ਰੀ ਗਾਠੜੀਓ ਜਨ ਨਾਨਕ ਗਰਭਾਸਿ ਨ ਪਉੜਿਓ ਰੇ ॥੨॥੨॥੧੯॥ {ਪੰਨਾ ੭੧੫}

ਪਦ ਅਰਥ :—ਗਰਬਿ—ਅਹੰਕਾਰ ਵਿਚ । ਗਹਿਲੜੋ—ਗਹਿਲਾ, ਬਾਵਲਾ, ਝੱਲਾ । ਮੂੜੜੋ—ਮੂੜ੍ਹਾ, ਮੂਰਖ । ਹੀਓ—ਹਿਰਦਾ । ਰੇ—ਹੇ ਭਾਈ! ਮਹਰਾਜ ਰੀ—ਮਹਾਰਾਜ ਦੀ । ਮਾਇਓ—ਮਾਇਆ (ਨੇ) । ਡੀਹਰ ਨਿਆਈ—ਮੱਛੀ ਵਾਂਗ । ਮੋਹਿ—ਮੋਹ ਵਿਚ । ਫਾਕਿਓ—ਫਸਾ ਲਿਆ ਹੈ ।ਰਹਾਉ।

ਘਣੋ—ਬਹੁਤ । ਸਦ—ਸਦਾ । ਲੋੜੈ—ਮੰਗਦਾ ਹੈ । ਬਿਨੁ ਲਹਣੇ—ਭਾਗਾਂ ਤੋਂ ਬਿਨਾ । ਕੈਠੇ—ਕਿਸ ਥਾਂ ਤੋਂ, ਕਿਥੋਂ? ਮਹਰਾਜ ਰੋ—ਮਹਾਰਾਜ ਦਾ । ਗਾਥੁ—ਸਰੀਰ । ਵਾਹੂ ਸਿਉ—ਉਸ (ਸਰੀਰ) ਨਾਲ ਹੀ । ਲੁਭੜਿਓ—ਲੋਭ ਕਰ ਰਿਹਾ ਹੈ, ਮੋਹ ਕਰ ਰਿਹਾ ਹੈ । ਨਿਹਭਾਗੜੋ—ਨਿਭਾਗਾ । ਭਾਹਿ—(ਤ੍ਰਿਸ਼ਨਾ ਦੀ) ਅੱਗ । ਸੰਜੋਇਓ—ਜੋੜ ਰਿਹਾ ਹੈ ।੧।

ਮਨ—ਹੇ ਮਨ! ਸੀਖ—ਸਿੱਖਿਆ । ਸਾਧੂ ਜਨ—ਗੁਰਮੁਖਿ ਸਤਸੰਗੀ । ਸਗਲੋ—ਸਾਰੇ । ਥਾਰੇ—ਤੇਰੇ । ਪ੍ਰਾਛਤ—ਪਾਪ । ਜਾ ਕੋ—ਜਿਸ ਦਾ । ਗਾਠੜੀਓ—ਗਠੜੀ ਵਿਚੋਂ । ਗਰਭਾਸਿ—ਗਰਭ ਜੂਨ ਵਿਚ । ਨ ਪਉੜਿਓ—ਨਹੀਂ ਪੈਂਦਾ ।੨।

ਅਰਥ :—ਹੇ ਭਾਈ! ਮੂਰਖ ਹਿਰਦਾ ਅਹੰਕਾਰ ਵਿਚ ਝੱਲਾ ਹੋਇਆ ਰਹਿੰਦਾ ਹੈ । ਇਸ ਹਿਰਦੇ ਨੂੰ ਮਹਾਰਾਜ (ਪ੍ਰਭੂ) ਦੀ ਮਾਇਆ ਨੇ ਮੱਛੀ ਵਾਂਗ ਮੋਹ ਵਿਚ ਫਸਾ ਰੱਖਿਆ ਹੈ (ਜਿਵੇਂ ਮੱਛੀ ਨੂੰ ਕੁੰਡੀ ਵਿਚ) ।ਰਹਾਉ।

ਹੇ ਭਾਈ! (ਮੋਹ ਵਿਚ ਫਸਿਆ ਹੋਇਆ ਹਿਰਦਾ) ਸਦਾ ਬਹੁਤ ਬਹੁਤ (ਮਾਇਆ) ਮੰਗਦਾ ਰਹਿੰਦਾ ਹੈ, ਪਰ ਭਾਗਾਂ ਤੋਂ ਬਿਨਾ ਕਿਥੋਂ ਪ੍ਰਾਪਤ ਕਰੇ? ਹੇ ਭਾਈ! ਮਹਾਰਾਜ ਦਾ (ਦਿੱਤਾ ਹੋਇਆ) ਇਹ ਸਰੀਰ ਹੈ, ਇਸੇ ਨਾਲ (ਮੂਰਖ ਜੀਵ) ਮੋਹ ਕਰਦਾ ਰਹਿੰਦਾ ਹੈ । ਨਿਭਾਗਾ ਮਨੁੱਖ (ਆਪਣੇ ਮਨ ਨੂੰ ਤ੍ਰਿਸ਼ਨਾ ਦੀ) ਅੱਗ ਨਾਲ ਜੋੜੀ ਰੱਖਦਾ ਹੈ ।੧।

ਹੇ ਮਨ! ਸਾਰੇ ਸਾਧੂ ਜਨਾਂ ਦੀ ਸਿੱਖਿਆ ਸੁਣਿਆ ਕਰ, (ਇਸ ਦੀ ਬਰਕਤਿ ਨਾਲ) ਤੇਰੇ ਸਾਰੇ ਪਾਪ ਮਿਟ ਜਾਣਗੇ । ਹੇ ਦਾਸ ਨਾਨਕ! (ਆਖ—) ਮਹਾਰਾਜ ਦੇ ਖ਼ਜ਼ਾਨੇ ਵਿਚੋਂ ਜਿਸ ਦੇ ਭਾਗਾਂ ਵਿਚ ਕੁਝ ਪ੍ਰਾਪਤੀ ਲਿਖੀ ਹੈ, ਉਹ ਜੂਨਾਂ ਵਿਚ ਨਹੀਂ ਪੈਂਦਾ ।੨।੨।੧੯।

ਟੋਡੀ ਮਹਲਾ ੫ ਘਰੁ ੫ ਦੁਪਦੇ

ੴ ਸਤਿਗੁਰ ਪ੍ਰਸਾਦਿ ॥ ਐਸੋ ਗੁਨੁ ਮੇਰੋ ਪ੍ਰਭ ਜੀ ਕੀਨ ॥ ਪੰਚ ਦੋਖ ਅਰੁ ਅਹੰ ਰੋਗ ਇਹ ਤਨ ਤੇ ਸਗਲ ਦੂਰਿ ਕੀਨ ॥ ਰਹਾਉ ॥ ਬੰਧਨ ਤੋਰਿ ਛੋਰਿ ਬਿਖਿਆ ਤੇ ਗੁਰ ਕੋ ਸਬਦੁ ਮੇਰੈ ਹੀਅਰੈ ਦੀਨ ॥ ਰੂਪੁ ਅਨਰੂਪੁ ਮੋਰੋ ਕਛੁ ਨ ਬੀਚਾਰਿਓ ਪ੍ਰੇਮ ਗਹਿਓ ਮੋਹਿ ਹਰਿ ਰੰਗ ਭੀਨ ॥੧॥ ਪੇਖਿਓ ਲਾਲਨੁ ਪਾਟ ਬੀਚ ਖੋਏ ਅਨਦ ਚਿਤਾ ਹਰਖੇ ਪਤੀਨ ॥ ਤਿਸ ਹੀ ਕੋ ਗ੍ਰਿਹੁ ਸੋਈ ਪ੍ਰਭੁ ਨਾਨਕ ਸੋ ਠਾਕੁਰੁ ਤਿਸ ਹੀ ਕੋ ਧੀਨ ॥੨॥੧॥੨੦॥ {ਪੰਨਾ ੭੧੬}

ਪਦ ਅਰਥ :—ਗੁਨੁ—ਉਪਕਾਰ । ਪੰਚ ਦੋਖ—(ਕਾਮਾਦਿਕ) ਪੰਜੇ ਵਿਕਾਰ । ਅਰੁ—ਅਤੇ । ਅਹੰ ਰੋਗ—ਹਉਮੈ ਦਾ ਰੋਗ । ਤੇ—ਤੋਂ । ਸਗਲ—ਸਾਰੇ ।ਰਹਾਉ।

ਬੰਧਨ—ਫਾਹੀਆਂ । ਤੋਰਿ—ਤੋੜ ਕੇ । ਛੋਰਿ—ਛੁਡਾ ਕੇ । ਬਿਖਿਆ ਤੇ—ਮਾਇਆ (ਦੇ ਮੋਹ) ਤੋਂ । ਕੋ—ਦਾ । ਮੇਰੈ ਹੀਅਰੈ—ਮੇਰੇ ਹਿਰਦੇ ਵਿਚ । ਰੂਪੁ—ਸੁਹਜ । ਅਨਰੂਪੁ—ਕੁਹਜ । ਗਹਿਓ—ਫੜ ਲਿਆ, ਬੰਨ੍ਹ ਦਿੱਤਾ । ਮੋਹਿ—ਮੈਨੂੰ । ਰੰਗਿ—ਪ੍ਰੇਮ-ਰੰਗ ਵਿਚ । ਭੀਨ—ਭਿਉਂ ਦਿੱਤਾ ।੧।

ਲਾਲਨੁ—ਸੋਹਣਾ ਲਾਲ । ਪਾਟ ਬੀਚ—ਵਿਚਲੇ ਪਰਦੇ । ਖੋਏ—ਖੋਇ, ਦੂਰ ਕਰਕੇ । ਹਰਖੇ—ਖ਼ੁਸ਼ੀ ਵਿਚ । ਪਤੀਨ—ਪਤੀਜ ਗਿਆ । ਤਿਸ ਹੀ—{ਲਫ਼ਜ਼ 'ਤਿਸੁ' ਦਾ _ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} । ਗ੍ਰਿਹੁ—ਸਰੀਰ-ਘਰ । ਠਾਕੁਰੁ—ਮਾਲਕ । ਕੋ ਧੀਨ—ਕਾ ਅਧੀਨ, ਦਾ ਸੇਵਕ ।੨।

ਅਰਥ :—ਹੇ ਭਾਈ! ਮੇਰੇ ਪ੍ਰਭੂ ਜੀ ਨੇ (ਮੇਰੇ ਉੱਤੇ) ਇਹੋ ਜਿਹਾ ਉਪਕਾਰ ਕਰ ਦਿੱਤਾ ਹੈ, (ਕਿ) ਕਾਮਾਦਿਕ ਪੰਜੇ ਵਿਕਾਰ ਅਤੇ ਹਉਮੈ ਦਾ ਰੋਗ—ਇਹ ਸਾਰੇ ਉਸ ਨੇ ਮੇਰੇ ਸਰੀਰ ਵਿਚੋਂ ਕੱਢ ਦਿੱਤੇ ਹਨ ।ਰਹਾਉ।

(ਹੇ ਭਾਈ! ਮੇਰੇ ਪ੍ਰਭੂ ਜੀ ਨੇ ਮੇਰੀਆਂ ਮਾਇਆ ਦੀਆਂ) ਫਾਹੀਆਂ ਤੋੜ ਕੇ (ਮੈਨੂੰ) ਮਾਇਆ (ਦੇ ਮੋਹ) ਤੋਂ ਛੁਡਾ ਕੇ ਗੁਰੂ ਦਾ ਸ਼ਬਦ ਮੇਰੇ ਹਿਰਦੇ ਵਿਚ ਵਸਾ ਦਿੱਤਾ ਹੈ । ਮੇਰਾ ਕੋਈ ਸੁਹਜ ਕੋਈ ਕੁਹਜ ਉਸ ਨੇ ਕੋਈ ਭੀ ਆਪਣੇ ਮਨ ਵਿਚ ਨਹੀਂ ਲਿਆਂਦਾ । ਮੈਨੂੰ ਉਸ ਨੇ ਆਪਣੇ ਪ੍ਰੇਮ ਨਾਲ ਬੰਨ੍ਹ ਦਿੱਤਾ ਹੈ । ਮੈਨੂੰ ਆਪਣੇ ਪਿਆਰ-ਰੰਗ ਵਿਚ ਭਿਉਂ ਦਿੱਤਾ ਹੈ ।੧।

ਹੇ ਨਾਨਕ! (ਆਖ—ਹੇ ਭਾਈ!) ਹੁਣ ਜਦੋਂ ਵਿਚਕਾਰਲੇ ਪਰਦੇ ਦੂਰ ਕਰ ਕੇ ਮੈਂ ਉਸ ਸੋਹਣੇ ਲਾਲ ਨੂੰ ਵੇਖਿਆ ਹੈ, ਤਾਂ ਮੇਰੇ ਚਿਤ ਵਿਚ ਆਨੰਦ ਪੈਦਾ ਹੋ ਗਿਆ ਹੈ, ਮੇਰਾ ਮਨ ਖ਼ੁਸ਼ੀ ਵਿਚ ਗਦ-ਗਦ ਹੋ ਉੱਠਿਆ ਹੈ । (ਹੁਣ ਮੇਰਾ ਇਹ ਸਰੀਰ) ਉਸੇ ਦਾ ਹੀ ਘਰ (ਬਣ ਗਿਆ ਹੈ) ਉਹੀ (ਇਸ ਘਰ ਦਾ) ਮਾਲਕ (ਬਣ ਗਿਆ ਹੈ), ਉਸੇ ਦਾ ਹੀ ਮੈਂ ਸੇਵਕ ਬਣ ਗਿਆ ਹਾਂ ।੨।੧।੨੦।

ਟੋਡੀ ਮਹਲਾ ੫ ॥ ਮਾਈ ਮੇਰੇ ਮਨ ਕੀ ਪ੍ਰੀਤਿ ॥ ਏਹੀ ਕਰਮ ਧਰਮ ਜਪ ਏਹੀ ਰਾਮ ਨਾਮ ਨਿਰਮਲ ਹੈ ਰੀਤਿ ॥ ਰਹਾਉ ॥ ਪ੍ਰਾਨ ਅਧਾਰ ਜੀਵਨ ਧਨ ਮੋਰੈ ਦੇਖਨ ਕਉ ਦਰਸਨ ਪ੍ਰਭ ਨੀਤਿ ॥ ਬਾਟ ਘਾਟ ਤੋਸਾ ਸੰਗਿ ਮੋਰੈ ਮਨ ਅਪੁਨੇ ਕਉ ਮੈ ਹਰਿ ਸਖਾ ਕੀਤ ॥੧॥ ਸੰਤ ਪ੍ਰਸਾਦਿ ਭਏ ਮਨ ਨਿਰਮਲ ਕਰਿ ਕਿਰਪਾ ਅਪੁਨੇ ਕਰਿ ਲੀਤ ॥ ਸਿਮਰਿ ਸਿਮਰਿ ਨਾਨਕ ਸੁਖੁ ਪਾਇਆ ਆਦਿ ਜੁਗਾਦਿ ਭਗਤਨ ਕੇ ਮੀਤ ॥੨॥੨॥੨੧॥ {ਪੰਨਾ ੭੧੬}

ਪਦ ਅਰਥ :—ਮਾਈ—ਹੇ ਮਾਂ! ਏਹੀ—ਇਹ ਪ੍ਰੀਤਿ ਹੀ । ਕਰਮ ਧਰਮ—(ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕਰਮ । ਰੀਤਿ—ਜੀਵਨ-ਮਰਯਾਦਾ ।ਰਹਾਉ।

ਪ੍ਰਾਨ ਅਧਾਰ—ਜਿੰਦ ਦਾ ਆਸਰਾ । ਮੋਰੈ—ਮੇਰੇ ਵਾਸਤੇ । ਬਾਟ—ਰਸਤਾ । ਘਾਟ—ਪੱਤਣ । ਤੋਸਾ—ਰਾਹ ਦਾ ਖ਼ਰਚ । ਸੰਗਿ—ਨਾਲ । ਕਉ—ਵਾਸਤੇ । ਸਖਾ—ਮਿੱਤਰ ।੧।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਕਰਿ—ਕਰ ਕੇ । ਕਰਿ ਲੀਤ—ਬਣਾ ਲਿਆ ਹੈ । ਸਿਮਰਿ—ਸਿਮਰ ਕੇ । ਨਾਨਕ—ਹੇ ਨਾਨਕ! ਆਦਿ—ਸ਼ੁਰੂ ਤੋਂ । ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ ।੨।

ਅਰਥ :—ਹੇ ਮਾਂ! (ਗੁਰੂ ਦੀ ਕਿਰਪਾ ਨਾਲ) ਮੇਰੇ ਮਨ ਵਿਚ ਪਰਮਾਤਮਾ ਦਾ ਪਿਆਰ ਪੈਦਾ ਹੋ ਗਿਆ ਹੈ । ਮੇਰੇ ਵਾਸਤੇ ਇਹ (ਪ੍ਰਭੂ-ਪ੍ਰੇਮ) ਹੀ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕਰਮ ਹੈ ਇਹੀ ਜਪ ਤਪ ਹੈ । ਪਰਮਾਤਮਾ ਦਾ ਨਾਮ ਸਿਮਰਨਾ ਹੀ ਜ਼ਿੰਦਗੀ ਨੂੰ ਪਵਿੱਤ੍ਰ ਕਰਨ ਦਾ ਤਰੀਕਾ ਹੈ ।ਰਹਾਉ।

ਹੇ ਮਾਂ! (ਮੇਰੀ ਇਹੀ ਤਾਂਘ ਹੈ ਕਿ) ਮੈਨੂੰ ਸਦਾ ਪ੍ਰਭੂ ਦਾ ਦਰਸਨ ਵੇਖਣਾ ਪ੍ਰਾਪਤ ਰਹੇ—ਇਹੀ ਮੇਰੀ ਜਿੰਦ ਦਾ ਸਹਾਰਾ ਹੈ ਇਹੀ ਮੇਰੇ ਵਾਸਤੇ ਸਾਰੀ ਜ਼ਿੰਦਗੀ ਵਿਚ (ਖੱਟਿਆ ਕਮਾਇਆ) ਧਨ ਹੈ । ਰਸਤੇ ਵਿਚ, ਪੱਤਣ ਉਤੇ (ਜ਼ਿੰਦਗੀ ਦੇ ਸਫ਼ਰ ਵਿਚ ਹਰ ਥਾਂ ਪਰਮਾਤਮਾ ਦਾ ਪਿਆਰ ਹੀ) ਮੇਰੇ ਨਾਲ ਰਾਹ ਦਾ ਖ਼ਰਚ ਹੈ । (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਮਨ ਦੇ ਵਾਸਤੇ ਪਰਮਾਤਮਾ ਨੂੰ ਮਿੱਤਰ ਬਣਾ ਲਿਆ ਹੈ ।੧।

ਹੇ ਨਾਨਕ! (ਆਖ—) ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਦੇ ਮਨ ਪਵਿੱਤ੍ਰ ਹੋ ਜਾਂਦੇ ਹਨ, ਪਰਮਾਤਮਾ ਮੇਹਰ ਕਰ ਕੇ ਉਹਨਾਂ ਨੂੰ ਆਪਣੇ (ਸੇਵਕ) ਬਣਾ ਲੈਂਦਾ ਹੈ । ਸਦਾ ਪਰਮਾਤਮਾ ਦਾ ਨਾਮ ਸਿਮਰ ਕੇ ਉਹ ਆਤਮਕ ਆਨੰਦ ਮਾਣਦੇ ਹਨ । ਸ਼ੁਰੂ ਤੋਂ ਹੀ, ਜੁਗਾਂ ਦੇ ਸ਼ੁਰੂ ਤੋਂ ਹੀ, ਪਰਮਾਤਮਾ ਆਪਣੇ ਭਗਤਾਂ ਦਾ ਮਿੱਤਰ ਹੈ ।੨।੨।੨੧।

ਟੋਡੀ ਮਹਲਾ ੫ ॥ ਪ੍ਰਭ ਜੀ ਮਿਲੁ ਮੇਰੇ ਪ੍ਰਾਨ ॥ ਬਿਸਰੁ ਨਹੀ ਨਿਮਖ ਹੀਅਰੇ ਤੇ ਅਪਨੇ ਭਗਤ ਕਉ ਪੂਰਨ ਦਾਨ ॥ ਰਹਾਉ ॥ ਖੋਵਹੁ ਭਰਮੁ ਰਾਖੁ ਮੇਰੇ ਪ੍ਰੀਤਮ ਅੰਤਰਜਾਮੀ ਸੁਘੜ ਸੁਜਾਨ ॥ ਕੋਟਿ ਰਾਜ ਨਾਮ ਧਨੁ ਮੇਰੈ ਅੰਮ੍ਰਿਤ ਦ੍ਰਿਸਟਿ ਧਾਰਹੁ ਪ੍ਰਭ ਮਾਨ ॥੧॥ ਆਠ ਪਹਰ ਰਸਨਾ ਗੁਨ ਗਾਵੈ ਜਸੁ ਪੂਰਿ ਅਘਾਵਹਿ ਸਮਰਥ ਕਾਨ ॥ ਤੇਰੀ ਸਰਣਿ ਜੀਅਨ ਕੇ ਦਾਤੇ ਸਦਾ ਸਦਾ ਨਾਨਕ ਕੁਰਬਾਨ ॥੨॥੩॥੨੨॥ {ਪੰਨਾ ੭੧੬}

ਪਦ ਅਰਥ :—ਮੇਰੇ ਪ੍ਰਾਨ—ਹੇ ਮੇਰੀ ਜਿੰਦ (ਦੇ ਮਾਲਕ)! ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ । ਹੀਅਰੇ ਤੇ—ਹਿਰਦੇ ਤੋਂ । ਕਉ—ਨੂੰ ।ਰਹਾਉ।

ਖੋਵਹੁ—ਨਾਸ ਕਰੋ । ਭਰਮੁ—ਭਟਕਣਾ । ਰਾਖੁ—ਰੱਖਿਆ ਕਰ । ਪ੍ਰੀਤਮ—ਹੇ ਪ੍ਰੀਤਮ! ਸੁਘੜ—ਹੇ ਸੋਹਣੇ! ਸੁਜਾਣ—ਹੇ ਸਿਆਣੇ! ਕੋਟਿ ਰਾਜ—ਕ੍ਰੋੜਾਂ ਬਾਦਸ਼ਾਹੀਆਂ । ਮੇਰੈ—ਮੇਰੇ ਵਾਸਤੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਦ੍ਰਿਸਟਿ—ਨਿਗਾਹ । ਮਾਨ—ਮੇਰੇ ਮਨ ਉਤੇ, ਮੇਰੇ ਉੱਤੇ ।੧।

ਰਸਨਾ—ਜੀਭ । ਜਸੁ—ਸਿਫ਼ਤਿ-ਸਾਲਾਹ । ਪੂਰਿ—ਭਰ ਕੇ । ਅਘਾਵਹਿ—ਰੱਜੇ ਰਹਿਣ । ਸਮਰਥ—ਹੇ ਸਮਰਥ! ਕਾਨ—ਕੰਨ । ਜੀਅਨ ਕੇ ਦਾਤੇ—ਹੇ ਸਭ ਜੀਵਾਂ ਦੇ ਦਾਤਾਰ! ।੨।

ਅਰਥ :—ਹੇ ਪ੍ਰਭੂ ਜੀ! ਹੇ ਮੇਰੀ ਜਿੰਦ (ਦੇ ਮਾਲਕ)! (ਮੈਨੂੰ) ਮਿਲ । ਅੱਖ ਝਮਕਣ ਜਿਤਨੇ ਸਮੇ ਵਾਸਤੇ ਭੀ ਮੇਰੇ ਹਿਰਦੇ ਤੋਂ ਤੂੰ ਨਾਹ ਭੁੱਲ । ਆਪਣੇ ਭਗਤ ਨੂੰ ਇਹ ਪੂਰੀ ਦਾਤਿ ਬਖ਼ਸ਼ ।ਰਹਾਉ।

ਹੇ ਮੇਰੇ ਪ੍ਰੀਤਮ! ਹੇ ਅੰਤਰਜਾਮੀ! ਹੇ ਸੋਹਣੇ ਸੁਜਾਨ! ਮੇਰੇ ਮਨ ਦੀ ਭਟਕਣਾ ਦੂਰ ਕਰ, ਮੇਰੀ ਰੱਖਿਆ ਕਰ । ਹੇ ਪ੍ਰਭੂ! ਮੇਰੇ ਉਤੇ ਆਤਮਕ ਜੀਵਨ ਦੇਣ ਵਾਲੀ ਨਿਗਾਹ ਕਰ । ਮੇਰੇ ਵਾਸਤੇ ਤੇਰੇ ਨਾਮ ਦਾ ਧਨ ਕ੍ਰੋੜਾਂ ਬਾਦਸ਼ਾਹੀਆਂ (ਦੇ ਬਰਾਬਰ ਬਣਿਆ ਰਹੇ) ।੧।

ਹੇ ਨਾਨਕ! (ਆਖ—) ਹੇ ਸਭ ਤਾਕਤਾਂ ਦੇ ਮਾਲਕ! (ਮੇਹਰ ਕਰ) ਮੇਰੀ ਜੀਭ ਅੱਠੇ ਪਹਰ ਤੇਰੇ ਗੁਣ ਗਾਂਦੀ ਰਹੇ, ਮੇਰੇ ਕੰਨ (ਆਪਣੇ ਅੰਦਰ) ਤੇਰੀ ਸਿਫ਼ਤਿ-ਸਾਲਾਹ ਭਰ ਕੇ (ਇਸੇ ਨਾਲ) ਰੱਜੇ ਰਹਿਣ । ਹੇ ਸਭ ਜੀਵਾਂ ਦੇ ਦਾਤਾਰ! ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੈਥੋਂ ਸਦਾ ਹੀ ਸਦਕੇ ਜਾਂਦਾ ਹਾਂ ।੨।੩।੨੨।

ਟੋਡੀ ਮਹਲਾ ੫ ॥ ਪ੍ਰਭ ਤੇਰੇ ਪਗ ਕੀ ਧੂਰਿ ॥ ਦੀਨ ਦਇਆਲ ਪ੍ਰੀਤਮ ਮਨ ਮੋਹਨ ਕਰਿ ਕਿਰਪਾ ਮੇਰੀ ਲੋਚਾ ਪੂਰਿ ॥ ਰਹਾਉ ॥ ਦਹਦਿਸ ਰਵਿ ਰਹਿਆ ਜਸੁ ਤੁਮਰਾ ਅੰਤਰਜਾਮੀ ਸਦਾ ਹਜੂਰਿ ॥ ਜੋ ਤੁਮਰਾ ਜਸੁ ਗਾਵਹਿ ਕਰਤੇ ਸੇ ਜਨ ਕਬਹੁ ਨ ਮਰਤੇ ਝੂਰਿ ॥੧॥ ਧੰਧ ਬੰਧ ਬਿਨਸੇ ਮਾਇਆ ਕੇ ਸਾਧੂ ਸੰਗਤਿ ਮਿਟੇ ਬਿਸੂਰ ॥ ਸੁਖ ਸੰਪਤਿ ਭੋਗ ਇਸੁ ਜੀਅ ਕੇ ਬਿਨੁ ਹਰਿ ਨਾਨਕ ਜਾਨੇ ਕੂਰ ॥੨॥੪॥੨੩॥ {ਪੰਨਾ ੭੧੬}

ਪਦ ਅਰਥ :—ਪ੍ਰਭ—ਹੇ ਪ੍ਰਭੂ! ਪਗ—ਚਰਨ । ਧੂਰਿ—ਖ਼ਾਕ, ਧੂੜ । ਪ੍ਰੀਤਮ—ਹੇ ਪ੍ਰੀਤਮ! ਮਨ ਮੋਹਨ—ਹੇ ਮਨ ਨੂੰ ਮੋਹਨ ਵਾਲੇ! ਲੋਚਾ—ਤਾਂਘ । ਪੂਰਿ—ਪੂਰੀ ਕਰ ।ਰਹਾਉ।

ਦਹਦਿਸ—ਦਸੀਂ ਪਾਸੀਂ, ਸਾਰੇ ਸੰਸਾਰ ਵਿਚ । ਰਵਿ ਰਹਿਆ—ਪਸਰਿਆ ਹੋਇਆ ਹੈ । ਜਸੁ—ਸੋਭਾ । ਅੰਤਰਜਾਮੀ—ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ! ਹਜੂਰਿ—ਅੰਗ-ਸੰਗ । ਗਾਵਹਿ—ਗਾਂਦੇ ਹਨ । ਕਰਤੇ—ਹੇ ਕਰਤਾਰ! ਨ ਮਰਤੇ—ਆਤਮਕ ਮੌਤ ਨਹੀਂ ਸਹੇੜਦੇ । ਝੂਰਿ—(ਮਾਇਆ ਦੀ ਖ਼ਾਤਰ) ਕ੍ਰੁੱਝ ਕੇ ।੧।

ਧੰਧ ਬੰਧ—ਧੰਧਿਆਂ ਦੇ ਬੰਧਨ । ਬਿਸੂਰ—ਚਿੰਤਾ-ਫ਼ਿਕਰ । ਸੰਪਤਿ—ਧਨ ਪਦਾਰਥ । ਜੀਅ ਕੇ—ਜਿੰਦ ਦੇ । ਕੂਰ—ਕੂੜ, ਝੂਠੇ, ਨਾਸਵੰਤ ।੨।

ਅਰਥ :—ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਹੇ ਪ੍ਰੀਤਮ! ਹੇ ਮਨਮੋਹਨ! ਮੇਹਰ ਕਰ, ਮੇਰੀ ਤਾਂਘ ਪੂਰੀ ਕਰ, ਮੈਨੂੰ ਤੇਰੇ ਚਰਨਾਂ ਦੀ ਧੂੜ ਮਿਲਦੀ ਰਹੇ ।ਰਹਾਉ।

ਹੇ ਅੰਤਰਜਾਮੀ! ਤੂੰ ਸਦਾ (ਸਭ ਜੀਵਾਂ ਦੇ) ਅੰਗ-ਸੰਗ ਰਹਿੰਦਾ ਹੈਂ, ਤੇਰੀ ਸੋਭਾ ਸਾਰੇ ਸੰਸਾਰ ਵਿਚ ਖਿਲਰੀ ਰਹਿੰਦੀ ਹੈ । ਹੇ ਕਰਤਾਰ! ਜੇਹੜੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ, ਉਹ (ਮਾਇਆ ਦੀ ਖ਼ਾਤਰ) ਚਿੰਤਾ-ਫ਼ਿਕਰ ਕਰ ਕਰ ਕੇ ਕਦੇ ਭੀ ਆਤਮਕ ਮੌਤ ਨਹੀਂ ਸਹੇੜਦੇ ।੧।

ਹੇ ਨਾਨਕ! (ਜੇਹੜੇ ਮਨੁੱਖ ਕਰਤਾਰ ਦਾ ਜਸ ਗਾਂਦੇ ਰਹਿੰਦੇ ਹਨ) ਸਾਧ ਸੰਗਤਿ ਦੀ ਬਰਕਤਿ ਨਾਲ ਉਹਨਾਂ ਦੇ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ, (ਉਹਨਾਂ ਵਾਸਤੇ ਮਾਇਆ ਦੇ ਧੰਧਿਆਂ ਦੀਆਂ ਫਾਹੀਆਂ ਨਾਸ ਹੋ ਜਾਂਦੀਆਂ ਹਨ । ਦੁਨੀਆ ਦੇ ਸੁਖ, ਧਨ-ਪਦਾਰਥ, ਇਸ ਜਿੰਦ ਨੂੰ ਪਿਆਰੇ ਲੱਗਣ ਵਾਲੇ ਮਾਇਕ ਪਦਾਰਥਾਂ ਦੇ ਭੋਗ—ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਮਨੁੱਖ ਇਹਨਾਂ ਸਭਨਾਂ ਨੂੰ ਝੂਠੇ ਜਾਣਦੇ ਹਨ ।੨।੪।੨੩।

ਟੋਡੀ ਮਃ ੫ ॥ ਮਾਈ ਮੇਰੇ ਮਨ ਕੀ ਪਿਆਸ ॥ ਇਕੁ ਖਿਨੁ ਰਹਿ ਨ ਸਕਉ ਬਿਨੁ ਪ੍ਰੀਤਮ ਦਰਸਨ ਦੇਖਨ ਕਉ ਧਾਰੀ ਮਨਿ ਆਸ ॥ ਰਹਾਉ ॥ ਸਿਮਰਉ ਨਾਮੁ ਨਿਰੰਜਨ ਕਰਤੇ ਮਨ ਤਨ ਤੇ ਸਭਿ ਕਿਲਵਿਖ ਨਾਸ ॥ ਪੂਰਨ ਪਾਰਬ੍ਰਹਮ ਸੁਖਦਾਤੇ ਅਬਿਨਾਸੀ ਬਿਮਲ ਜਾ ਕੋ ਜਾਸ ॥੧॥ ਸੰਤ ਪ੍ਰਸਾਦਿ ਮੇਰੇ ਪੂਰ ਮਨੋਰਥ ਕਰਿ ਕਿਰਪਾ ਭੇਟੇ ਗੁਣਤਾਸ ॥ ਸਾਂਤਿ ਸਹਜ ਸੂਖ ਮਨਿ ਉਪਜਿਓ ਕੋਟਿ ਸੂਰ ਨਾਨਕ ਪਰਗਾਸ ॥੨॥੫॥੨੪॥ {ਪੰਨਾ ੭੧੬}

ਪਦ ਅਰਥ :—ਮਾਈ—ਹੇ ਮਾਂ! ਸਕਉ—ਸਕਉਂ । ਰਹਿ ਨ ਸਕਉ—ਮੈਂ ਰਹਿ ਨਹੀਂ ਸਕਦਾ । ਮਨਿ—ਮਨ ਵਿਚ । ਧਾਰੀ—ਬਣਾਈ ।ਰਹਾਉ।

ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ । ਨਿਰੰਜਨ ਨਾਮੁ—ਨਿਰੰਜਨ ਦਾ ਨਾਮ । ਨਿਰੰਜਨ—{ਨਿਰ-ਅੰਜਨ । ਅੰਜਨ—ਮਾਇਆ ਦੀ ਕਾਲਖ} ਮਾਇਆ ਦੇ ਪ੍ਰਭਾਵ ਤੋਂ ਰਹਿਤ । ਕਰਤੇ—ਕਰਤਾਰ ਦਾ । ਤੇ—ਤੋਂ । ਸਭਿ—ਸਾਰੇ । ਕਿਲਵਿਖ—ਪਾਪ । ਸੁਖ ਦਾਤੇ ਨਾਮੁ—ਸੁਖਾਂ ਦੇ ਦੇਣ ਵਾਲੇ ਦਾ ਨਾਮ । ਬਿਮਲ—ਪਵਿਤ੍ਰ । ਜਾ ਕੋ ਜਾਸ—ਜਿਸ ਦਾ ਜਸ ।੧।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਪੂਰ—ਪੂਰੇ ਹੋ ਗਏ ਹਨ । ਮਨੋਰਥ—ਮੁਰਾਦਾਂ । ਭੇਟੇ—ਮਿਲ ਪਏ ਹਨ । ਗੁਣਤਾਸ—ਗੁਣਾਂ ਦੇ ਖ਼ਜ਼ਾਨੇ ਪ੍ਰਭੂ ਜੀ । ਸਹਜ—ਆਤਮਕ ਅਡੋਲਤਾ । ਕੋਟਿ—ਕ੍ਰੋੜਾਂ । ਸੂਰ—ਸੂਰਜ ।੨।

ਅਰਥ :—ਹੇ ਮਾਂ! ਪ੍ਰੀਤਮ ਪ੍ਰਭੂ (ਦਾ ਦਰਸਨ ਕਰਨ) ਤੋਂ ਬਿਨਾ ਮੈਂ ਇਕ ਛਿਨ ਭਰ ਭੀ ਰਹਿ ਨਹੀਂ ਸਕਦਾ । ਮੈਂ ਉਸ ਦਾ ਦਰਸਨ ਕਰਨ ਵਾਸਤੇ ਆਪਣੇ ਮਨ ਵਿਚ ਆਸ ਬਣਾਈ ਹੋਈ ਹੈ । ਮੇਰੇ ਮਨ ਦੀ ਇਹ ਪਿਆਸ (ਸਦਾ ਟਿਕੀ ਰਹਿੰਦੀ ਹੈ) ।ਰਹਾਉ।

ਹੇ ਮਾਂ! ਜਿਸ ਅਬਿਨਾਸੀ ਪ੍ਰਭੂ ਦੀ ਸਿਫ਼ਤਿ-ਸਾਲਾਹ (ਜੀਵਾਂ ਨੂੰ) ਪਵਿਤ੍ਰ (ਕਰ ਦੇਂਦੀ) ਹੈ, ਉਸ ਨਿਰੰਜਨ ਕਰਤਾਰ ਦਾ, ਉਸ ਪੂਰਨ ਪਾਰਬ੍ਰਹਮ ਦਾ, ਉਸ ਸੁਖਦਾਤੇ ਦਾ ਨਾਮ ਮੈਂ (ਸਦਾ) ਸਿਮਰਦਾ ਰਹਿੰਦਾ ਹਾਂ । (ਸਿਮਰਨ ਦੀ ਬਰਕਤਿ ਨਾਲ, ਹੇ ਮਾਂ) ਮਨ ਤੋਂ, ਤਨ ਤੋਂ, ਸਾਰੇ ਪਾਪ ਦੂਰ ਹੋ ਜਾਂਦੇ ਹਨ ।੧।

ਹੇ ਨਾਨਕ! (ਆਖ—ਹੇ ਮਾਂ!) ਗੁਰੂ ਦੀ ਕਿਰਪਾ ਨਾਲ ਮੇਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ ਹਨ, ਗੁਣਾਂ ਦੇ ਖ਼ਜ਼ਾਨੇ ਪ੍ਰਭੂ ਜੀ ਮੇਹਰ ਕਰ ਕੇ (ਮੈਨੂੰ) ਮਿਲ ਪਏ ਹਨ । (ਮੇਰੇ) ਮਨ ਵਿਚ ਸ਼ਾਂਤੀ ਪੈਦਾ ਹੋ ਗਈ ਹੈ, ਆਤਮਕ ਅਡੋਲਤਾ ਦੇ ਸੁਖ ਪੈਦਾ ਹੋ ਗਏ ਹਨ, (ਮਾਨੋ) ਕ੍ਰੋੜਾਂ ਸੂਰਜਾਂ ਦਾ (ਮੇਰੇ ਅੰਦਰ) ਚਾਨਣ ਹੋ ਗਿਆ ਹੈ ।੨।੫।੨੪।

ਟੋਡੀ ਮਹਲਾ ੫ ॥ ਹਰਿ ਹਰਿ ਪਤਿਤ ਪਾਵਨ ॥ ਜੀਅ ਪ੍ਰਾਨ ਮਾਨ ਸੁਖਦਾਤਾ ਅੰਤਰਜਾਮੀ ਮਨ ਕੋ ਭਾਵਨ ॥ ਰਹਾਉ ॥ ਸੁੰਦਰੁ ਸੁਘੜੁ ਚਤੁਰੁ ਸਭ ਬੇਤਾ ਰਿਦ ਦਾਸ ਨਿਵਾਸ ਭਗਤ ਗੁਨ ਗਾਵਨ ॥ ਨਿਰਮਲ ਰੂਪ ਅਨੂਪ ਸੁਆਮੀ ਕਰਮ ਭੂਮਿ ਬੀਜਨ ਸੋ ਖਾਵਨ ॥੧॥ ਬਿਸਮਨ ਬਿਸਮ ਭਏ ਬਿਸਮਾਦਾ ਆਨ ਨ ਬੀਓ ਦੂਸਰ ਲਾਵਨ ॥ ਰਸਨਾ ਸਿਮਰਿ ਸਿਮਰਿ ਜਸੁ ਜੀਵਾ ਨਾਨਕ ਦਾਸ ਸਦਾ ਬਲਿ ਜਾਵਨ ॥੨॥੬॥੨੫॥ {ਪੰਨਾ ੭੧੭}

ਪਦ ਅਰਥ :—ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ, ਵਿਕਾਰੀ । ਪਾਵਨ—ਪਵਿਤ੍ਰ (ਕਰਨ ਵਾਲਾ) । ਜੀਅ ਪ੍ਰਾਨ ਮਾਨ—ਜਿੰਦ ਦਾ ਪ੍ਰਾਣਾਂ ਦਾ ਮਾਣ (ਆਸਰਾ) । ਕੋ—ਦਾ । ਮਨ ਕੋ ਭਾਵਨ—ਮਨ ਦਾ ਪਿਆਰਾ (ਭਾ ਜਾਣ ਵਾਲਾ) ।ਰਹਾਉ।

ਸੁਘੜੁ—ਸੁਚੱਜੀ (ਮਾਨਸਕ) ਘਾੜਤ ਵਾਲਾ । ਚਤੁਰੁ—ਸਿਆਣਾ । ਬੇਤ਼ਾ—ਜਾਣਨ ਵਾਲਾ । ਰਿਦ ਦਾਸ ਨਿਵਾਸ—ਦਾਸਾਂ ਦੇ ਹਿਰਦੇ ਵਿਚ ਨਿਵਾਸ ਰੱਖਣ ਵਾਲਾ । ਅਨੂਪ—ਬਹੁਤ ਸੁੰਦਰ, ਬੇ-ਮਿਸਾਲ । ਕਰਮ ਭੂਮਿ—ਸਰੀਰ, ਕਰਮ ਬੀਜਣ ਵਾਲੀ ਧਰਤੀ ।੧।

ਬਿਸਮਨ ਬਿਖਮ ਬਿਸਮਾਦਾ—ਬਹੁਤ ਹੀ ਹੈਰਾਨ । ਆਨ—{ਅੰਯ} ਹੋਰ । ਬੀਓ—ਦੂਜਾ । ਲਾਵਨ—ਬਰਾਬਰ । ਰਸਨਾ—ਜੀਭ (ਨਾਲ) । ਸਿਮਰਿ—ਸਿਮਰ ਕੇ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ । ਬਲਿ—ਸਦਕੇ ।੨।

ਅਰਥ :—ਹੇ ਭਾਈ! ਪਰਮਾਤਮਾ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ । ਉਹ (ਸਭ ਜੀਵਾਂ ਦੀ) ਜਿੰਦ ਪ੍ਰਾਣਾਂ ਦਾ ਸਹਾਰਾ ਹੈ, (ਸਭ ਨੂੰ) ਸੁਖ ਦੇਣ ਵਾਲਾ ਹੈ, (ਸਭ ਦੇ) ਦਿਲ ਦੀ ਜਾਣਨ ਵਾਲਾ ਹੈ, (ਸਭਨਾਂ ਦੇ) ਮਨ ਦਾ ਪਿਆਰਾ ਹੈ ।ਰਹਾਉ।

ਹੇ ਭਾਈ! ਪਰਮਾਤਮਾ ਸੋਹਣਾ ਹੈ, ਸੁਚੱਜੀ ਘਾੜਤ ਵਾਲਾ ਹੈ, ਸਿਆਣਾ ਹੈ, ਸਭ ਕੁਝ ਜਾਣਨ ਵਾਲਾ ਹੈ, ਆਪਣੇ ਦਾਸਾਂ ਦੇ ਹਿਰਦੇ ਵਿਚ ਨਿਵਾਸ ਰੱਖਣ ਵਾਲਾ ਹੈ, ਭਗਤ ਉਸ ਦੇ ਗੁਣ ਗਾਂਦੇ ਹਨ । ਉਹ ਮਾਲਕ ਪਵਿਤ੍ਰ-ਸਰੂਪ ਹੈ, ਬੇ-ਮਿਸਾਲ ਹੈ । ਉਸ ਦਾ ਬਣਾਇਆ ਹੋਇਆ ਇਹ ਮਨੁੱਖਾ ਸਰੀਰ ਕਰਮ ਬੀਜਣ ਲਈ ਧਰਤੀ ਹੈ; ਜੋ ਕੁਝ ਜੀਵ ਇਸ ਵਿਚ ਬੀਜਦੇ ਹਨ, ਉਹੀ ਖਾਂਦੇ ਹਨ ।੧।

ਹੇ ਨਾਨਕ! (ਆਖ—ਹੇ ਭਾਈ! ਉਸ ਪਰਮਾਤਮਾ ਬਾਰੇ ਸੋਚ ਕੇ) ਬਹੁਤ ਹੀ ਹੈਰਾਨ ਹੋ ਜਾਈਦਾ ਹੈ । ਕੋਈ ਭੀ ਹੋਰ ਦੂਜਾ ਉਸ ਦੇ ਬਰਾਬਰ ਦਾ ਨਹੀਂ ਹੈ । ਉਸ ਦੇ ਸੇਵਕ ਉਸ ਤੋ ਸਦਾ ਸਦਕੇ ਹੁੰਦੇ ਹਨ । ਹੇ ਭਾਈ! ਉਸ ਦੀ ਸਿਫ਼ਤਿ-ਸਾਲਾਹ (ਆਪਣੀ) ਜੀਭ ਨਾਲ ਕਰ ਕਰ ਕੇ ਮੈਂ (ਭੀ) ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ ।੨।੬।੨੫।

ਟੋਡੀ ਮਹਲਾ ੫ ॥ ਮਾਈ ਮਾਇਆ ਛਲੁ ॥ ਤ੍ਰਿਣ ਕੀ ਅਗਨਿ ਮੇਘ ਕੀ ਛਾਇਆ ਗੋਬਿਦ ਭਜਨ ਬਿਨੁ ਹੜ ਕਾ ਜਲੁ ॥ ਰਹਾਉ ॥ ਛੋਡਿ ਸਿਆਨਪ ਬਹੁ ਚਤੁਰਾਈ ਦੁਇ ਕਰ ਜੋੜਿ ਸਾਧ ਮਗਿ ਚਲੁ ॥ ਸਿਮਰਿ ਸੁਆਮੀ ਅੰਤਰਜਾਮੀ ਮਾਨੁਖ ਦੇਹ ਕਾ ਇਹੁ ਊਤਮ ਫਲੁ ॥੧॥ ਬੇਦ ਬਖਿਆਨ ਕਰਤ ਸਾਧੂ ਜਨ ਭਾਗ ਹੀਨ ਸਮਝਤ ਨਹੀ ਖਲੁ ॥ ਪ੍ਰੇਮ ਭਗਤਿ ਰਾਚੇ ਜਨ ਨਾਨਕ ਹਰਿ ਸਿਮਰਨਿ ਦਹਨ ਭਏ ਮਲ ॥੨॥੭॥੨੬॥ {ਪੰਨਾ ੭੧੭}

ਪਦ ਅਰਥ :—ਮਾਈ—ਹੇ ਮਾਂ! ਛਲੁ—ਧੋਖਾ । ਤ੍ਰਿਣ—ਕੱਖ, ਤੀਲੇ । ਮੇਘ—ਬੱਦਲ । ਛਾਇਆ—ਛਾਂ ।ਰਹਾਉ।

ਛੋਡਿ—ਛੱਡ ਦੇ । ਕਰ—{ਬਹੁ-ਵਚਨ} ਹੱਥ । ਦੁਇ ਕਰ—ਦੋਵੇਂ ਹੱਥ । ਜੋੜਿ—ਜੋੜ ਕੇ । ਮਗਿ—ਰਸਤੇ ਉਤੇ । ਚਲੁ—ਤੁਰ । ਦੇਹੁ—ਸਰੀਰ । ਊਤਮ—ਸਭ ਤੋਂ ਚੰਗਾ ।੧।

ਬੇਦ ਬਖਿਆਨ—ਗਿਆਨ ਦੀ ਵਿਆਖਿਆ, ਆਤਮਕ ਜੀਵਨ ਦੀ ਸੂਝ ਦੀ ਵਿਆਖਿਆ । ਸਾਧੂ ਜਨ—ਭਲੇ ਮਨੁੱਖ । ਖਲੁ—ਮੂਰਖ । ਰਾਚੇ—ਮਸਤ । ਸਿਮਰਨਿ—ਸਿਮਰਨ ਨਾਲ । ਮਲ—ਮੱਲ, (ਕਾਮਾਦਿਕ) ਭਲਵਾਨ {ਬਹੁ-ਵਚਨ} । ਦਹਨ ਭਏ—ਸੜ ਜਾਂਦੇ ਹਨ ।੨।

ਅਰਥ :—ਹੇ ਮਾਂ! ਮਾਇਆ ਇਕ ਛਲਾਵਾ ਹੈ (ਜੋ ਕਈ ਰੂਪ ਵਿਖਾ ਕੇ ਛੇਤੀ ਹੀ ਗੁੰਮ ਹੋ ਜਾਂਦਾ ਹੈ) । ਪਰਮਾਤਮਾ ਦੇ ਭਜਨ ਤੋਂ ਬਿਨਾ (ਇਸ ਮਾਇਆ ਦੀ ਪਾਂਇਆਂ ਇਤਨੀ ਹੈ ਜਿਵੇਂ ਕਿ) ਕੱਖਾਂ ਦੀ ਅੱਗ ਹੈ, ਬੱਦਲਾਂ ਦੀ ਛਾਂ ਹੈ, (ਦਰਿਆ ਦੇ) ਹੜ ਦਾ ਪਾਣੀ ਹੈ ।ਰਹਾਉ।

ਹੇ ਭਾਈ! (ਮਾਇਆ ਛਲਾਵੇ ਦੇ ਧੋਖੇ ਤੋਂ ਬਚਣ ਲਈ) ਬਹੁਤੀਆਂ ਚਲਾਕੀਆਂ ਤੇ ਸਿਆਣਪਾਂ ਛੱਡ ਦੇ, ਦੋਵੇਂ ਹੱਥ ਜੋੜ ਕੇ ਗੁਰੂ ਦੇ (ਦੱਸੇ ਹੋਏ) ਰਸਤੇ ਉਤੇ ਤੁਰਿਆ ਕਰ, ਅੰਤਰਜਾਮੀ ਮਾਲਕ ਪ੍ਰਭੂ ਦਾ ਨਾਮ ਸਿਮਰਿਆ ਕਰ—ਮਨੁੱਖ ਸਰੀਰ ਦਾ ਸਭ ਤੋਂ ਚੰਗਾ ਫਲ ਇਹੀ ਹੈ ।੧।

ਹੇ ਭਾਈ! ਭਲੇ ਮਨੁੱਖ ਆਤਮਕ ਜੀਵਨ ਦੀ ਸੂਝ ਦਾ ਇਹ ਉਪਦੇਸ਼ ਕਰਦੇ ਹੀ ਰਹਿੰਦੇ ਹਨ, ਪਰ ਨਿਭਾਗਾ ਮੂਰਖ ਮਨੁੱਖ (ਇਸ ਉਪਦੇਸ਼ ਨੂੰ) ਨਹੀਂ ਸਮਝਦਾ । ਹੇ ਨਾਨਕ! ਪ੍ਰਭੂ ਦੇ ਦਾਸ ਪ੍ਰਭੂ ਦੀ ਪਿਆਰ-ਭਗਤੀ ਵਿਚ ਮਸਤ ਰਹਿੰਦੇ ਹਨ ।

ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ (ਉਹਨਾਂ ਦੇ ਅੰਦਰੋਂ ਕਾਮਾਦਿਕ) ਭਲਵਾਨ ਸੜ ਕੇ ਸੁਆਹ ਹੋ ਜਾਂਦੇ ਹਨ ।੨।੭।੨੬।

ਟੋਡੀ ਮਹਲਾ ੫ ॥ ਮਾਈ ਚਰਨ ਗੁਰ ਮੀਠੇ ॥ ਵਡੈ ਭਾਗਿ ਦੇਵੈ ਪਰਮੇਸਰੁ ਕੋਟਿ ਫਲਾ ਦਰਸਨ ਗੁਰ ਡੀਠੇ ॥ ਰਹਾਉ ॥ ਗੁਨ ਗਾਵਤ ਅਚੁਤ ਅਬਿਨਾਸੀ ਕਾਮ ਕ੍ਰੋਧ ਬਿਨਸੇ ਮਦ ਢੀਠੇ ॥ ਅਸਥਿਰ ਭਏ ਸਾਚ ਰੰਗਿ ਰਾਤੇ ਜਨਮ ਮਰਨ ਬਾਹੁਰਿ ਨਹੀ ਪੀਠੇ ॥੧॥ ਬਿਨੁ ਹਰਿ ਭਜਨ ਰੰਗ ਰਸ ਜੇਤੇ ਸੰਤ ਦਇਆਲ ਜਾਨੇ ਸਭਿ ਝੂਠੇ ॥ ਨਾਮ ਰਤਨੁ ਪਾਇਓ ਜਨ ਨਾਨਕ ਨਾਮ ਬਿਹੂਨ ਚਲੇ ਸਭਿ ਮੂਠੇ ॥੨॥੮॥੨੭॥ {ਪੰਨਾ ੭੧੭}

ਪਦ ਅਰਥ :—ਮਾਈ—ਹੇ ਮਾਂ! ਭਾਗਿ—ਕਿਸਮਤ ਨਾਲ । ਕੋਟਿ—ਕ੍ਰੋੜਾਂ । ਡੀਠੇ—ਡਿੱਠਿਆਂ ।ਰਹਾਉ।

ਗਾਵਤ—ਗਾਂਦਿਆਂ । ਅਚੁਤ—{ਅÁਯੁਤ । Áਯੁ—ਡਿੱਗ ਪੈਣਾ} ਕਦੇ ਨਾਹ ਡਿੱਗਣ ਵਾਲਾ, ਕਦੇ ਨਾਸ ਨਾਹ ਹੋਣ ਵਾਲਾ । ਮਦ—ਅਹੰਕਾਰ । ਢੀਠੇ—ਢੀਠ, ਮੁੜ ਮੁੜ ਹੱਲਾ ਕਰਨ ਵਾਲੇ । ਅਸਥਿਰ—{ÎÔਥਰ} ਅਡੋਲ । ਸਾਚ ਰੰਗਿ—ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ । ਬਾਹੁਰਿ—ਮੁੜ । ਪੀਠੇ—ਪੀਠੇ ਜਾਂਦੇ ।੧।

ਜੇਤੇ—ਜਿਤਨੇ ਭੀ ਹਨ । ਸੰਤ ਦਇਆਲ—ਦਇਆ ਦੇ ਘਰ ਗੁਰੂ (ਦੀ ਕਿਰਪਾ ਨਾਲ) । ਸਭਿ—ਸਾਰੇ । ਮੂਠੇ—ਠੱਗੇ ਹੋਏ ।੨।

ਅਰਥ :—ਹੇ ਮਾਂ! ਗੁਰੂ ਦੇ ਚਰਨ (ਮੈਨੂੰ) ਪਿਆਰੇ ਲੱਗਦੇ ਹਨ । (ਜਿਸ ਮਨੁੱਖ ਨੂੰ) ਵੱਡੀ ਕਿਸਮਤ ਨਾਲ ਪਰਮਾਤਮਾ (ਗੁਰੂ ਦੇ ਚਰਨਾਂ ਦਾ ਮਿਲਾਪ) ਦੇਂਦਾ ਹੈ, ਗੁਰੂ ਦਾ ਦਰਸਨ ਕੀਤਿਆਂ (ਉਸ ਮਨੁੱਖ ਨੂੰ) ਕ੍ਰੋੜਾਂ (ਪੁੰਨਾਂ ਦੇ) ਫਲ ਪ੍ਰਾਪਤ ਹੋ ਜਾਂਦੇ ਹਨ ।ਰਹਾਉ।

ਹੇ ਮਾਂ! (ਗੁਰੂ ਦੇ ਚਰਨੀਂ ਪੈ ਕੇ) ਅਟੱਲ ਅਬਿਨਾਸੀ ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਮੁੜ ਮੁੜ ਹੱਲਾ ਕਰ ਕੇ ਆਉਣ ਵਾਲੇ ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ । (ਗੁਰੂ ਦੇ ਚਰਨਾਂ ਦੀ ਬਰਕਤਿ ਨਾਲ ਜੇਹੜੇ ਮਨੁੱਖ) ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ਉਹ (ਵਿਕਾਰਾਂ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਹੋ ਜਾਂਦੇ ਹਨ, ਉਹ ਜਨਮ ਮਰਣ (ਦੀ ਚੱਕੀ) ਵਿਚ ਮੁੜ ਮੁੜ ਨਹੀਂ ਪੀਸੇ ਜਾਂਦੇ ।੧।

ਹੇ ਮਾਂ! (ਜੇਹੜੇ ਮਨੁੱਖ ਗੁਰੂ ਦੇ ਚਰਨੀਂ ਲੱਗਦੇ ਹਨ, ਉਹ) ਦਇਆ ਦੇ ਘਰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਭਜਨ (ਦੇ ਆਨੰਦ) ਤੋਂ ਬਿਨਾ ਹੋਰ ਸਾਰੇ ਹੀ (ਦੁਨੀਆਵੀ) ਸੁਆਦਾਂ ਤੇ ਤਮਾਸ਼ਿਆਂ ਨੂੰ ਝੂਠੇ ਜਾਣਦੇ ਹਨ । ਹੇ ਨਾਨਕ! (ਆਖ—ਹੇ ਮਾਂ!) ਪਰਮਾਤਮਾ ਦੇ ਸੇਵਕ (ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ) ਰਤਨ (ਵਰਗਾ ਕੀਮਤੀ) ਨਾਮ ਹਾਸਲ ਕਰਦੇ ਹਨ । ਹਰਿ-ਨਾਮ ਤੋਂ ਸੱਖਣੇ ਸਾਰੇ ਹੀ ਜੀਵ (ਆਪਣਾ ਆਤਮਕ ਜੀਵਨ) ਲੁਟਾ ਕੇ (ਜਗਤ ਤੋਂ) ਜਾਂਦੇ ਹਨ ।੨।੮।੨੭।

ਟੋਡੀ ਮਹਲਾ ੫ ॥ ਸਾਧ ਸੰਗਿ ਹਰਿ ਹਰਿ ਨਾਮੁ ਚਿਤਾਰਾ ॥ ਸਹਜਿ ਅਨੰਦੁ ਹੋਵੈ ਦਿਨੁ ਰਾਤੀ ਅੰਕੁਰੁ ਭਲੋ ਹਮਾਰਾ ॥ ਰਹਾਉ ॥ ਗੁਰੁ ਪੂਰਾ ਭੇਟਿਓ ਬਡਭਾਗੀ ਜਾ ਕੋ ਅੰਤੁ ਨ ਪਾਰਾਵਾਰਾ ॥ ਕਰੁ ਗਹਿ ਕਾਢਿ ਲੀਓ ਜਨੁ ਅਪੁਨਾ ਬਿਖੁ ਸਾਗਰ ਸੰਸਾਰਾ ॥੧॥ ਜਨਮ ਮਰਨ ਕਾਟੇ ਗੁਰ ਬਚਨੀ ਬਹੁੜਿ ਨ ਸੰਕਟ ਦੁਆਰਾ ॥ ਨਾਨਕ ਸਰਨਿ ਗਹੀ ਸੁਆਮੀ ਕੀ ਪੁਨਹ ਪੁਨਹ ਨਮਸਕਾਰਾ ॥੨॥੯॥੨੮॥ {ਪੰਨਾ ੭੧੭}

ਪਦ ਅਰਥ :—ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਸਹਜਿ—ਆਤਮਕ ਅਡੋਲਤਾ ਦੇ ਕਾਰਨ । ਅੰਕੁਰੁ—(ਪਿਛਲੇ ਬੀਜੇ ਹੋਏ ਭਲੇ ਕਰਮਾਂ ਦਾ) ਅੰਗੂਰ ।ਰਹਾਉ।

ਭੇਟਿਓ—ਮਿਲ ਪਿਆ । ਬਡ ਭਾਗੀ—ਵੱਡੀ ਕਿਸਮਤ ਨਾਲ । ਜਾ ਕੋ—ਜਿਸ (ਪਰਮਾਤਮਾ) ਦਾ । ਪਾਰਾਵਾਰਾ—ਪਾਰ ਅਵਾਰ, ਪਾਰਲਾ ਉਰਲਾ ਬੰਨਾ । ਕਰੁ—{ਇਕ-ਵਚਨ} ਹੱਥ । ਗਹਿ—ਫੜ ਕੇ । ਜਨੁ ਅਪੁਨਾ—ਆਪਣੇ ਸੇਵਕ ਨੂੰ । ਬਿਖੁ—ਜ਼ਹਰ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਮਾਇਆ ਦੇ ਮੋਹ ਦਾ ਜ਼ਹਰ ।੧।

ਗੁਰ ਬਚਨੀ—ਗੁਰੂ ਦੇ ਬਚਨਾਂ ਦੀ ਰਾਹੀਂ । ਸੰਕਟ ਦੁਆਰਾ—ਕਸ਼ਟਾਂ (ਵਾਲੇ ਚੌਰਾਸੀ ਦੇ ਗੇੜ) ਦਾ ਦਰਵਾਜ਼ਾ । ਗਹੀ—ਫੜੀ ਹੈ । ਪੁਨਹ ਪੁਨਹ—ਮੁੜ ਮੁੜ ।੨।

ਅਰਥ :—ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ (ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਉਸ) ਆਤਮਕ ਅਡੋਲਤਾ ਦੇ ਕਾਰਨ (ਉਸ ਦੇ ਅੰਦਰ) ਦਿਨ ਰਾਤ (ਹਰ ਵੇਲੇ) ਆਨੰਦ ਬਣਿਆ ਰਹਿੰਦਾ ਹੈ । (ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਅਸਾਂ ਜੀਵਾਂ ਦੇ ਪਿਛਲੇ ਕੀਤੇ ਕਰਮਾਂ ਦਾ ਭਲਾ ਅੰਗੂਰ ਫੁੱਟ ਪੈਂਦਾ ਹੈ ।ਰਹਾਉ।

ਹੇ ਭਾਈ! ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਉਹ ਪਰਮਾਤਮਾ ਆਪਣੇ ਉਸ ਸੇਵਕ ਨੂੰ (ਉਸਦਾ) ਹੱਥ ਫੜ ਕੇ ਵਿਹੁਲੇ ਸੰਸਾਰ-ਸਮੁੰਦਰ ਵਿਚੋਂ ਬਾਹਰ ਕੱਢ ਲੈਂਦਾ ਹੈ, (ਜਿਸ ਸੇਵਕ ਨੂੰ) ਵੱਡੀ ਕਿਸਮਤ ਨਾਲ ਪੂਰਾ ਗੁਰੂ ਮਿਲ ਪੈਂਦਾ ਹੈ ।੧।

ਹੇ ਭਾਈ! ਗੁਰੂ ਦੇ ਬਚਨਾਂ ਉਤੇ ਤੁਰਿਆਂ ਜਨਮ ਮਰਨ ਵਿਚ ਪਾਣ ਵਾਲੀਆਂ ਫਾਹੀਆਂ ਕੱਟੀਆਂ ਜਾਂਦੀਆਂ ਹਨ, ਕਸ਼ਟਾਂ-ਭਰੇ ਚੌਰਾਸੀ ਦੇ ਗੇੜ ਦਾ ਦਰਵਾਜ਼ਾ ਮੁੜ ਨਹੀਂ ਵੇਖਣਾ ਪੈਂਦਾ । ਹੇ ਨਾਨਕ! (ਆਖ—ਹੇ ਭਾਈ! ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਮੈਂ ਭੀ ਮਾਲਕ-ਪ੍ਰਭੂ ਦਾ ਆਸਰਾ ਲਿਆ ਹੈ, ਮੈਂ (ਉਸ ਦੇ ਦਰ ਤੇ) ਮੁੜ ਮੁੜ ਸਿਰ ਨਿਵਾਂਦਾ ਹਾਂ ।੨।੯।੨੭।

ਟੋਡੀ ਮਹਲਾ ੫ ॥ ਮਾਈ ਮੇਰੇ ਮਨ ਕੋ ਸੁਖੁ ॥ ਕੋਟਿ ਅਨੰਦ ਰਾਜ ਸੁਖੁ ਭੁਗਵੈ ਹਰਿ ਸਿਮਰਤ ਬਿਨਸੈ ਸਭ ਦੁਖੁ ॥੧॥ ਰਹਾਉ ॥ ਕੋਟਿ ਜਨਮ ਕੇ ਕਿਲਬਿਖ ਨਾਸਹਿ ਸਿਮਰਤ ਪਾਵਨ ਤਨ ਮਨ ਸੁਖ ॥ ਦੇਖਿ ਸਰੂਪੁ ਪੂਰਨੁ ਭਈ ਆਸਾ ਦਰਸਨੁ ਭੇਟਤ ਉਤਰੀ ਭੁਖ ॥੧॥ ਚਾਰਿ ਪਦਾਰਥ ਅਸਟ ਮਹਾ ਸਿਧਿ ਕਾਮਧੇਨੁ ਪਾਰਜਾਤ ਹਰਿ ਹਰਿ ਰੁਖੁ ॥ ਨਾਨਕ ਸਰਨਿ ਗਹੀ ਸੁਖ ਸਾਗਰ ਜਨਮ ਮਰਨ ਫਿਰਿ ਗਰਭ ਨ ਧੁਖੁ ॥੨॥੧੦॥੨੯॥ {ਪੰਨਾ ੭੧੭}

ਪਦ ਅਰਥ :—ਮਾਈ—ਹੇ ਮਾਂ! ਕੋ—ਦਾ । ਕੋਟਿ—ਕ੍ਰੋੜਾਂ । ਭੁਗਵੈ—ਮਾਣਦਾ ਹੈ । ਸਿਮਰਤ—ਸਿਮਰਦਿਆਂ ।੧।ਰਹਾਉ।

ਕਿਲਬਿਖ—ਪਾਪ । ਨਾਸਹਿ—ਨਾਸ ਹੋ ਜਾਂਦੇ ਹਨ । ਪਾਵਨ—ਪਵਿਤ੍ਰ । ਦੇਖਿ—ਵੇਖ ਕੇ ।੧।

ਚਾਰਿ ਪਦਾਰਥ—ਧਰਮ, ਅਰਥ, ਕਾਮ, ਮੋਖ । ਅਸਟ—ਅੱਠ । ਮਹਾ ਸਿਧਿ—ਵੱਡੀਆਂ ਕਰਾਮਾਤੀ ਤਾਕਤਾਂ । ਕਾਮਧੇਨੁ—{ਕਾਮ-ਵਾਸਨਾ । ਧੇਨੁ—ਗਾਂ} ਸੁਰਗ ਦੀ ਉਹ ਗਾਂ ਜੋ ਹਰੇਕ ਵਾਸਨਾ ਪੂਰੀ ਕਰ ਦੇਂਦੀ ਹੈ । ਪਾਰਜਾਤ—ਇੰਦਰ ਦੇ ਬਾਗ਼ ਦਾ 'ਪਾਰਜਾਤ' ਰੁੱਖ ਜੋ ਮਨ-ਮੰਗੀ ਮੁਰਾਦ ਪੂਰੀ ਕਰਦਾ ਹੈ । ਧੁਖੁ—ਧੁਖਧੁਖੀ, ਚਿੰਤਾ ।੨।

ਅਰਥ :—ਹੇ ਮਾਂ! (ਪਰਮਾਤਮਾ ਦਾ ਨਾਮ ਸਿਮਰਦਿਆਂ) ਮੇਰੇ ਮਨ ਦਾ ਸੁਖ (ਇਤਨਾ ਉੱਚਾ ਹੋ ਜਾਂਦਾ ਹੈ, ਕਿ ਇਉਂ ਜਾਪਦਾ ਹੈ, ਜਿਵੇਂ ਮੇਰਾ ਮਨ) ਕ੍ਰੋੜਾਂ ਆਨੰਦ ਮਾਣ ਰਿਹਾ ਹੈ; ਕ੍ਰੋੜਾਂ ਬਾਦਸ਼ਾਹੀਆਂ ਦਾ ਸੁਖ ਮਾਣ ਰਿਹਾ ਹੈ । ਹੇ ਮਾਂ! ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰਾ ਦੁੱਖ ਨਾਸ ਹੋ ਜਾਂਦਾ ਹੈ ।੧।ਰਹਾਉ।

ਹੇ ਮਾਂ! ਪਰਮਾਤਮਾ ਦਾ ਨਾਮ ਸਿਮਰਿਆਂ ਤਨ ਮਨ ਪਵਿਤ੍ਰ ਹੋ ਜਾਂਦੇ ਹਨ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਕ੍ਰੋੜਾਂ ਜਨਮਾਂ ਦੇ (ਕੀਤੇ ਹੋਏ) ਪਾਪ ਨਾਸ ਹੋ ਜਾਂਦੇ ਹਨ । (ਸਿਮਰਨ ਦੀ ਬਰਕਤਿ ਨਾਲ) ਪ੍ਰਭੂ ਦਾ ਦੀਦਾਰ ਕਰ ਕੇ (ਮਨ ਦੀ ਹਰੇਕ) ਮੁਰਾਦ ਪੂਰੀ ਹੋ ਜਾਂਦੀ ਹੈ, ਦਰਸਨ ਕਰਦਿਆਂ (ਮਾਇਆ ਦੀ) ਭੁੱਖ ਦੂਰ ਹੋ ਜਾਂਦੀ ਹੈ ।੧।

ਹੇ ਮਾਂ! ਚਾਰ ਪਦਾਰਥ (ਦੇਣ ਵਾਲਾ), ਅੱਠ ਵੱਡੀਆਂ ਕਰਾਮਾਤੀ ਤਾਕਤਾਂ (ਦੇਣ ਵਾਲਾ) ਪਰਮਾਤਮਾ ਆਪ ਹੀ ਹੈ । ਪਰਮਾਤਮਾ ਆਪ ਹੀ ਹੈ ਕਾਮਧੇਨ; ਪਰਮਾਤਮਾ ਆਪ ਹੀ ਹੈ ਪਾਰਜਾਤ ਰੁੱਖ । ਹੇ ਨਾਨਕ! (ਆਖ—ਹੇ ਮਾਂ! ਜਿਸ ਮਨੁੱਖ ਨੇ) ਸੁਖਾਂ ਦੇ ਸਮੁੰਦਰ ਪਰਮਾਤਮਾ ਦਾ ਆਸਰਾ ਲੈ ਲਿਆ, ਉਸ ਨੂੰ ਜਨਮ ਮਰਨ ਦੇ ਗੇੜ ਦਾ ਫ਼ਿਕਰ, ਜੂਨਾਂ ਵਿਚ ਪੈਣ ਦਾ ਫ਼ਿਕਰ ਨਹੀਂ ਰਹਿੰਦਾ ।੨।੧੦।੨੯।

ਟੋਡੀ ਮਹਲਾ ੫ ॥ ਹਰਿ ਹਰਿ ਚਰਨ ਰਿਦੈ ਉਰ ਧਾਰੇ ॥ ਸਿਮਰਿ ਸੁਆਮੀ ਸਤਿਗੁਰੁ ਅਪੁਨਾ ਕਾਰਜ ਸਫਲ ਹਮਾਰੇ ॥੧॥ ਰਹਾਉ ॥ ਪੁੰਨ ਦਾਨ ਪੂਜਾ ਪਰਮੇਸੁਰ ਹਰਿ ਕੀਰਤਿ ਤਤੁ ਬੀਚਾਰੇ ॥ ਗੁਨ ਗਾਵਤ ਅਤੁਲ ਸੁਖੁ ਪਾਇਆ ਠਾਕੁਰ ਅਗਮ ਅਪਾਰੇ ॥੧॥ ਜੋ ਜਨ ਪਾਰਬ੍ਰਹਮਿ ਅਪਨੇ ਕੀਨੇ ਤਿਨ ਕਾ ਬਾਹੁਰਿ ਕਛੁ ਨ ਬੀਚਾਰੇ ॥ ਨਾਮ ਰਤਨੁ ਸੁਨਿ ਜਪਿ ਜਪਿ ਜੀਵਾ ਹਰਿ ਨਾਨਕ ਕੰਠ ਮਝਾਰੇ ॥੨॥੧੧॥੩੦॥ {ਪੰਨਾ ੭੧੮}

ਪਦ ਅਰਥ :—ਰਿਦੈ—ਹਿਰਦੇ ਵਿਚ । ਉਰ ਧਾਰੇ—ਉਰ ਧਾਰਿ, {ਉਰ—ਹਿਰਦਾ} ਹਿਰਦੇ ਵਿਚ ਟਿਕਾਈ ਰੱਖ । ਸਿਮਰਿ—ਸਿਮਰ ਕੇ । ਸੁਆਮੀ—ਮਾਲਕ-ਪ੍ਰਭੂ । ਹਮਾਰੇ—ਅਸਾਂ ਜੀਵਾਂ ਦੇ ।੧।ਰਹਾਉ।

ਕੀਰਤਿ—ਸਿਫ਼ਤਿ-ਸਾਲਾਹ । ਤਤੁ ਬੀਚਾਰੇ—ਸਾਰੀਆਂ ਵਿਚਾਰਾਂ ਦਾ ਨਿਚੋੜ । ਗਾਵਤ—ਗਾਂਦਿਆਂ । ਅਤੁਲ—ਜੇਹੜਾ ਤੋਲਿਆ ਨਾਹ ਜਾ ਸਕੇ, ਅਮਿਣਵਾਂ । ਗੁਨ ਠਾਕੁਰ—ਠਾਕੁਰ ਦੇ ਗੁਣ । ਅਗਮ—ਅਪਹੁੰਚ ।੧।

ਪਾਰਬ੍ਰਹਮਿ—ਪਾਰਬ੍ਰਹਮ ਨੇ । ਬਾਹੁਰਿ—ਮੁੜ, ਫਿਰ । ਕਛੁ ਨ ਬੀਚਾਰੇ—ਕੋਈ ਲੇਖਾ ਨਹੀਂ ਕਰਦਾ । ਸੁਨਿ—ਸੁਣ ਕੇ । ਜਪਿ—ਜਪ ਕੇ । ਜੀਵਾ—ਜੀਵਾਂ, ਮੈ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ । ਕੰਠ—ਗਲਾ । ਮਝਾਰੇ—ਵਿਚ ।੨।

ਅਰਥ :—ਹੇ ਭਾਈ! ਪਰਮਾਤਮਾ ਦੇ ਚਰਨ ਸਦਾ ਆਪਣੇ ਹਿਰਦੇ ਵਿਚ ਚੰਗੀ ਤਰ੍ਹਾਂ ਸਾਂਭ ਰੱਖ । ਆਪਣੇ ਗੁਰੂ ਨੂੰ ਮਾਲਕ ਪ੍ਰਭੂ ਨੂੰ ਸਿਮਰ ਕੇ ਅਸਾਂ ਜੀਵਾਂ ਦੇ ਸਾਰੇ ਕੰਮ ਸਿਰੇ ਚੜ੍ਹ ਸਕਦੇ ਹਨ ।੧।ਰਹਾਉ।

ਹੇ ਭਾਈ! ਸਾਰੀਆਂ ਵਿਚਾਰਾਂ ਦਾ ਨਿਚੋੜ ਇਹ ਹੈ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਪਰਮਾਤਮਾ ਦੀ ਪੂਜਾ ਹੈ, ਤੇ, ਪੁੰਨ-ਦਾਨ ਹੈ । ਅਪਹੁੰਚ ਤੇ ਬੇਅੰਤ ਮਾਲਕ-ਪ੍ਰਭੂ ਦੇ ਗੁਣ ਗਾਂਦਿਆਂ ਬੇਅੰਤ ਸੁਖ ਪ੍ਰਾਪਤ ਕਰ ਲਈਦਾ ਹੈ ।੧।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਨੇ ਆਪਣੇ (ਸੇਵਕ) ਬਣਾ ਲਿਆ ਉਹਨਾਂ ਦੇ ਕਰਮਾਂ ਦਾ ਲੇਖਾ ਮੁੜ ਨਹੀਂ ਪੁੱਛਦਾ । ਹੇ ਨਾਨਕ! (ਆਖ—) ਮੈਂ ਭੀ ਪਰਮਾਤਮਾ ਦੇ ਰਤਨ (ਵਰਗੇ ਕੀਮਤੀ) ਨਾਮ ਨੂੰ ਆਪਣੇ ਗਲੇ ਵਿਚ ਪ੍ਰੋ ਲਿਆ ਹੈ, ਨਾਮ ਸੁਣ ਸੁਣ ਕੇ ਜਪ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ ।੨।੧੧।੩੦।

ਟੋਡੀ ਮਹਲਾ ੯

ੴ ਸਤਿਗੁਰ ਪ੍ਰਸਾਦਿ ॥ ਕਹਉ ਕਹਾ ਅਪਨੀ ਅਧਮਾਈ ॥ ਉਰਝਿਓ ਕਨਕ ਕਾਮਨੀ ਕੇ ਰਸ ਨਹ ਕੀਰਤਿ ਪ੍ਰਭ ਗਾਈ ॥੧॥ ਰਹਾਉ ॥ ਜਗ ਝੂਠੇ ਕਉ ਸਾਚੁ ਜਾਨਿ ਕੈ ਤਾ ਸਿਉ ਰੁਚ ਉਪਜਾਈ ॥ ਦੀਨਬੰਧ ਸਿਮਰਿਓ ਨਹੀ ਕਬਹੂ ਹੋਤ ਜੁ ਸੰਗਿ ਸਹਾਈ ॥੧॥ ਮਗਨ ਰਹਿਓ ਮਾਇਆ ਮੈ ਨਿਸਦਿਨਿ ਛੁਟੀ ਨ ਮਨ ਕੀ ਕਾਈ ॥ ਕਹਿ ਨਾਨਕ ਅਬ ਨਾਹਿ ਅਨਤ ਗਤਿ ਬਿਨੁ ਹਰਿ ਕੀ ਸਰਨਾਈ ॥੨॥੧॥੩੧॥ {ਪੰਨਾ ੭੧੮}

ਪਦ ਅਰਥ :—ਕਹਉ—ਕਹਉਂ, ਮੈਂ ਆਖਾਂ । ਕਹਾ—ਕਹਾਂ ਤਕ, ਕਿਥੋਂ ਤਕ, ਕਿਤਨੀ ਕੁ? ਅਧਮਾਈ—ਨੀਚਤਾ । ਉਰਝਿਓ—ਫਸਿਆ ਹੋਇਆ ਹੈ । ਕਨਕ—ਸੋਨਾ । ਕਾਮਨੀ—ਇਸਤ੍ਰੀ । ਰਸ—ਸੁਆਦਾਂ ਵਿਚ । ਕੀਰਤਿ—ਸਿਫ਼ਤਿ-ਸਾਲਾਹ ।੧।ਰਹਾਉ।

ਕਉ—ਨੂੰ । ਸਾਚੁ—ਸਦਾ ਕਾਇਮ ਰਹਿਣ ਵਾਲਾ । ਜਾਨਿ ਕੈ—ਸਮਝ ਕੇ । ਤਾ ਸਿਉ—ਉਸ (ਜਗਤ ਨਾਲ) । ਰੁਚਿ—ਲਗਨ । ਉਪਜਾਈ—ਪੈਦਾ ਕੀਤੀ ਹੋਈ ਹੈ । ਦੀਨ ਬੰਧੁ—ਨਿਮਾਣਿਆਂ ਦਾ ਰਿਸ਼ਤੇਦਾਰ । ਜੁ—ਜੋ, ਜੇਹੜਾ । ਸੰਗਿ—ਨਾਲ । ਸਹਾਈ—ਮਦਦਗਾਰ ।੧।

ਮਗਨ—ਮਸਤ । ਮਹਿ—ਵਿਚ । ਨਿਸਿ—ਰਾਤ । ਕਾਈ—ਪਾਣੀ ਦਾ ਜਾਲਾ । ਅਬ—ਹੁਣ (ਜਦੋਂ ਮੈਂ ਗੁਰੂ ਦੀ ਸਰਨ ਪਿਆ ਹਾਂ) । ਅਨਤ—{ਅੰਯ੍ਰ} ਕਿਸੇ ਹੋਰ ਥਾਂ । ਗਤਿ—ਉੱਚੀ ਆਤਮਕ ਅਵਸਥਾ ।੨।

ਅਰਥ :—ਹੇ ਭਾਈ! ਮੈਂ ਆਪਣੀ ਨੀਚਤਾ ਕਿਤਨੀ ਕੁ ਬਿਆਨ ਕਰਾਂ? ਮੈਂ (ਕਦੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕੀਤੀ, (ਮੇਰਾ ਮਨ) ਧਨ-ਪਦਾਰਥ ਅਤੇ ਇਸਤ੍ਰੀ ਦੇ ਰਸਾਂ ਵਿਚ ਹੀ ਫਸਿਆ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਇਸ ਨਾਸਵੰਤ ਸੰਸਾਰ ਨੂੰ ਸਦਾ ਕਾਇਮ ਰਹਿਣ ਵਾਲਾ ਸਮਝ ਕੇ ਮੈਂ ਇਸ ਸੰਸਾਰ ਨਾਲ ਹੀ ਪ੍ਰੀਤਿ ਬਣਾਈ ਹੋਈ ਹੈ । ਮੈਂ ਉਸ ਪਰਮਾਤਮਾ ਦਾ ਨਾਮ ਕਦੇ ਨਹੀਂ ਸਿਮਰਿਆ ਜੋ ਨਿਮਾਣਿਆਂ ਦਾ ਰਿਸ਼ਤੇਦਾਰ ਹੈ, ਅਤੇ ਜੇਹੜਾ (ਸਦਾ ਸਾਡੇ) ਨਾਲ ਮਦਦਗਾਰ ਹੈ ।੧।

ਹੇ ਭਾਈ! ਮੈਂ ਰਾਤ ਦਿਨ ਮਾਇਆ (ਦੇ ਮੋਹ) ਵਿਚ ਮਸਤ ਰਿਹਾ ਹਾਂ, (ਇਸ ਤਰ੍ਹਾਂ ਮੇਰੇ) ਮਨ ਦੀ ਮੈਲ ਦੂਰ ਨਹੀਂ ਹੋ ਸਕੀ । ਹੇ ਨਾਨਕ! ਆਖ—ਹੁਣ (ਜਦੋਂ ਮੈਂ ਗੁਰੂ ਦੀ ਸਰਨ ਪਿਆ ਹਾਂ, ਤਾਂ ਮੈਨੂੰ ਸਮਝ ਆਈ ਹੈ ਕਿ) ਪ੍ਰਭੂ ਦੀ ਸਰਣ ਪੈਣ ਤੋਂ ਬਿਨਾ ਕਿਸੇ ਭੀ ਹੋਰ ਥਾਂ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ ।੨।੧।੩੧।

ਜ਼ਰੂਰੀ ਨੋਟ :—

ਟੋਡੀ ਰਾਗ ਵਿਚ ਸਾਰੇ ਸ਼ਬਦਾਂ ਦਾ ਵੇਰਵਾ ਇਉਂ ਹੈ :—
ਮਹਲਾ ੪ — ੧
ਮਹਲਾ ੫ — ੩੦
ਮਹਲਾ ੯ — ੧
. . . . . ——
ਕੁਲ ਜੋੜ . . ੩੨

ਟੋਡੀ ਬਾਣੀ ਭਗਤਾਂ ਕੀ

ੴ ਸਤਿਗੁਰ ਪ੍ਰਸਾਦਿ ॥ ਕੋਈ ਬੋਲੈ ਨਿਰਵਾ ਕੋਈ ਬੋਲੈ ਦੂਰਿ ॥ ਜਲ ਕੀ ਮਾਛੁਲੀ ਚਰੈ ਖਜੂਰਿ ॥੧॥ ਕਾਂਇ ਰੇ ਬਕਬਾਦੁ ਲਾਇਓ ॥ ਜਿਨਿ ਹਰਿ ਪਾਇਓ ਤਿਨਹਿ ਛਪਾਇਓ ॥੧॥ ਰਹਾਉ ॥ ਪੰਡਿਤੁ ਹੋਇ ਕੈ ਬੇਦੁ ਬਖਾਨੈ ॥ ਮੂਰਖੁ ਨਾਮਦੇਉ ਰਾਮਹਿ ਜਾਨੈ ॥੨॥੧॥ {ਪੰਨਾ ੭੧੮}

ਪਦ ਅਰਥ :—ਬੋਲੈ—ਆਖਦਾ ਹੈ । ਨਿਰਵਾ—ਨੇੜੇ । ਚਰੈ—ਚੜ੍ਹਦੀ ਹੈ, ਚੜ੍ਹਨ ਦਾ ਜਤਨ ਕਰਦੀ ਹੈ । ਖਜੂਰਿ—ਖਜੂਰ ਦੇ ਰੁੱਖ ਉੱਤੇ ।੧।

ਰੇ—ਹੇ ਭਾਈ! ਕਾਂਇ—ਕਾਹਦੇ ਲਈ? ਬਕ ਬਾਦੁ—ਵਿਅਰਥ ਝਗੜਾ, ਬਹਿਸ । ਜਿਨਿ—ਜਿਸ (ਮਨੁੱਖ) ਨੇ । ਪਾਇਓ—ਪਾਇਆ ਹੈ, ਲੱਭਾ ਹੈ । ਤਿਨਹਿ—ਤਿਨਹੀ, ਉਸੇ ਨੇ ਹੀ ।੧।ਰਹਾਉ।

ਪੰਡਿਤ—{ਸ਼ਕਟ. ਪਜ਼ਡਾ—ਾਸਿਦੋਮ, ਲਇਓਰਨਨਿਗ, ਲਇਓਰਨਇਦ, ਾਸਿਇ} ਵਿਦਵਾਨ । ਹੋਇ ਕੈ—ਬਣ ਕੇ । ਬਖਾਨੈ—{ਸ਼ਕਟ. ॥ਯਾ$ਯਾ—ਠੋ ਦਾਇਲਲ ਓਟ ਲਓਰਗਇ} ਵਿਸਥਾਰ ਨਾਲ ਵਿਚਾਰ ਕੇ ਸੁਣਾਉਂਦਾ ਹੈ । ਰਾਮਹਿ—ਰਾਮ ਨੂੰ ਹੀ ।੨।

ਅਰਥ :—ਕੋਈ ਮਨੁੱਖ ਆਖਦਾ ਹੈ (ਪਰਮਾਤਮਾ ਅਸਾਡੇ) ਨੇੜੇ (ਵੱਸਦਾ ਹੈ), ਕੋਈ ਆਖਦਾ ਹੈ (ਪ੍ਰਭੂ ਅਸਾਥੋਂ ਕਿਤੇ) ਦੂਰ (ਥਾਂ ਤੇ ਹੈ); (ਪਰ ਨਿਰਾ ਬਹਿਸ ਨਾਲ ਨਿਰਣਾ ਕਰ ਲੈਣਾ ਇਉਂ ਹੀ ਅਸੰਭਵ ਹੈ ਜਿਵੇਂ) ਪਾਣੀ ਵਿਚ ਰਹਿਣ ਵਾਲੀ ਮੱਛੀ ਖਜੂਰ ਉੱਤੇ ਚੜ੍ਹਨ ਦਾ ਜਤਨ ਕਰੇ (ਜਿਸ ਉੱਤੇ ਮਨੁੱਖ ਭੀ ਬੜੇ ਔਖੇ ਹੋ ਕੇ ਚੜ੍ਹਦੇ ਹਨ) ।੧।

ਹੇ ਭਾਈ! (ਰੱਬ ਨੇੜੇ ਹੈ ਕਿ ਦੂਰ ਜਿਸ ਬਾਰੇ ਆਪਣੀ ਵਿਦਿਆ ਦਾ ਵਿਖਾਵਾ ਕਰਨ ਲਈ) ਕਿਉਂ ਵਿਅਰਥ ਬਹਿਸ ਕਰਦੇ ਹੋ? ਜਿਸ ਮਨੁੱਖ ਨੇ ਰੱਬ ਨੂੰ ਲੱਭ ਲਿਆ ਹੈ ਉਸ ਨੇ (ਆਪਣੇ ਆਪ ਨੂੰ) ਲੁਕਾਇਆ ਹੈ (ਭਾਵ, ਉਹ ਇਹਨਾਂ ਬਹਿਸਾਂ ਦੀ ਰਾਹੀਂ ਆਪਣੀ ਵਿੱਦਿਆ ਦਾ ਢੰਢੋਰਾ ਨਹੀਂ ਦੇਂਦਾ ਫਿਰਦਾ) ।੧।ਰਹਾਉ।

ਵਿੱਦਿਆ ਹਾਸਲ ਕਰ ਕੇ (ਬ੍ਰਾਹਮਣ ਆਦਿਕ ਤਾਂ) ਵੇਦ (ਆਦਿਕ ਧਰਮ-ਪੁਸਤਕਾਂ) ਦੀ ਵਿਸਥਾਰ ਨਾਲ ਚਰਚਾ ਕਰਦਾ ਫਿਰਦਾ ਹੈ, ਪਰ ਮੂਰਖ ਨਾਮਦੇਵ ਸਿਰਫ਼ ਪਰਮਾਤਮਾ ਨੂੰ ਹੀ ਪਛਾਣਦਾ ਹੈ (ਕੇਵਲ ਪਰਮਾਤਮਾ ਨਾਲ ਹੀ ਉਸ ਦੇ ਸਿਮਰਨ ਦੀ ਰਾਹੀਂ ਸਾਂਝ ਪਾਂਦਾ ਹੈ) ।੨।੧।

ਸ਼ਬਦ ਦਾ ਭਾਵ :—ਵਿੱਦਿਆ ਦੇ ਬਲ ਨਾਲ ਪਰਮਾਤਮਾ ਦੀ ਹਸਤੀ ਬਾਰੇ ਬਹਿਸ ਕਰਨੀ ਵਿਅਰਥ ਉੱਦਮ ਹੈ; ਉਸ ਦੀ ਭਗਤੀ ਕਰਨਾ ਹੀ ਜ਼ਿੰਦਗੀ ਦਾ ਸਹੀ ਰਾਹ ਹੈ ।੧।

ਕਉਨ ਕੋ ਕਲੰਕੁ ਰਹਿਓ ਰਾਮ ਨਾਮੁ ਲੇਤ ਹੀ ॥ ਪਤਿਤ ਪਵਿਤ ਭਏ ਰਾਮੁ ਕਹਤ ਹੀ ॥੧॥ ਰਹਾਉ ॥ ਰਾਮ ਸੰਗਿ ਨਾਮਦੇਵ ਜਨ ਕਉ ਪ੍ਰਤਗਿਆ ਆਈ ॥ ਏਕਾਦਸੀ ਬ੍ਰਤੁ ਰਹੈ ਕਾਹੇ ਕਉ ਤੀਰਥ ਜਾਈ ॥੧॥ ਭਨਤਿ ਨਾਮਦੇਉ ਸੁਕ੍ਰਿਤ ਸੁਮਤਿ ਭਏ ॥ ਗੁਰਮਤਿ ਰਾਮੁ ਕਹਿ ਕੋ ਕੋ ਨ ਬੈਕੁੰਠਿ ਗਏ ॥੨॥੨॥ {ਪੰਨਾ ੭੧੮}

ਪਦ ਅਰਥ :—ਕਉਨ ਕੋ—ਕਿਸ (ਮਨੁੱਖ) ਦਾ? ਕਲੰਮੁ—ਪਾਪ । ਕਉਨ...ਰਹਿਓ—ਕਿਸ ਮਨੁੱਖ ਦਾ ਪਾਪ ਰਹਿ ਗਿਆ? ਕਿਸੇ ਮਨੁੱਖ ਦਾ ਕੋਈ ਪਾਪ ਨਹੀਂ ਰਹਿ ਜਾਂਦਾ । (ਪਤਿਤ—ਵਿਕਾਰਾਂ ਵਿਚ) ਡਿੱਗੇ ਹੋਏ ਬੰਦੇ । ਭਏ—ਹੋ ਜਾਂਦੇ ਹਨ ।੧।ਰਹਾਉ।

ਰਾਮ ਸੰਗਿ—ਨਾਮ ਦੀ ਸੰਗਤਿ ਵਿਚ, ਪਰਮਾਤਮਾ ਦੇ ਚਰਨਾਂ ਵਿਚ ਜੁੜ ਕੇ । ਜਨ ਕਉ—ਦਾਸ ਨੂੰ । ਪ੍ਰਤਗਿਆ—ਨਿਸ਼ਚਾ । ਰਹੈ—ਰਹਿ ਗਿਆ ਹੈ, ਕੋਈ ਲੋੜ ਨਹੀਂ ਰਹੀ । ਕਾਹੇ ਕਉ—ਕਾਹਦੇ ਵਾਸਤੇ? ਜਾਈ—ਮੈਂ ਜਾਵਾਂ ।੧।

ਭਨਤਿ—ਆਖਦਾ ਹੈ । ਸੁਕ੍ਰਿਤ—ਚੰਗੀ ਕਰਣੀ ਵਾਲੇ । ਸੁਮਤਿ—ਚੰਗੀ ਮਤ ਵਾਲੇ । ਗੁਰਮਤਿ—ਗੁਰੂ ਦੀ ਮਤ ਲੈ ਕੇ ਗੁਰੂ ਦੇ ਦੱਸੇ ਰਾਹ ਉੱਤੇ ਤੁਰ ਕੇ । ਰਾਮੁ ਕਹਿ—ਪ੍ਰਭੂ ਦਾ ਨਾਮ ਸਿਮਰ ਕੇ । ਕੋ ਕੋ ਨ—ਕੌਣ ਕੌਣ ਨਹੀਂ? (ਭਾਵ, ਹਰੇਕ ਜੀਵ) । ਬੈਕੁੰਠਿ—ਬੈਕੁੰਠ ਵਿਚ, ਪ੍ਰਭੂ ਦੇ ਦੇਸ ਵਿਚ ।੨।

ਅਰਥ :—ਪਰਮਾਤਮਾ ਦਾ ਨਾਮ ਸਿਮਰਿਆਂ ਕਿਸੇ ਜੀਵ ਦਾ (ਭੀ) ਕੋਈ ਪਾਪ ਨਹੀਂ ਰਹਿ ਜਾਂਦਾ; ਵਿਕਾਰਾਂ ਵਿੱਚ ਨਿੱਘਰੇ ਹੋਏ ਬੰਦੇ ਭੀ ਪ੍ਰਭੂ ਦਾ ਭਜਨ ਕਰ ਕੇ ਪਵਿੱਤਰ ਹੋ ਜਾਂਦੇ ਹਨ ।੧।ਰਹਾਉ।

ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਦਾਸ ਨਾਮਦੇਵ ਨੂੰ ਇਹ ਨਿਸ਼ਚਾ ਆ ਗਿਆ ਹੈ ਕਿ ਕਿਸੇ ਇਕਾਦਸ਼ੀ (ਆਦਿਕ) ਵਰਤ ਦੀ ਲੋੜ ਨਹੀਂ; ਤੇ ਮੈਂ ਤੀਰਥਾਂ ਉੱਤੇ (ਭੀ ਕਿਉਂ) ਜਾਵਾਂ? ।੧।

ਨਾਮਦੇਵ ਆਖਦਾ ਹੈ—ਗੁਰੂ ਦੇ ਦੱਸੇ ਰਾਹ ਉੱਤੇ ਤੁਰ ਕੇ, ਪ੍ਰਭੂ ਦਾ ਨਾਮ ਸਿਮਰ ਕੇ ਸਭ ਜੀਵ ਪ੍ਰਭੂ ਦੇ ਦੇਸ ਵਿਚ ਅੱਪੜ ਜਾਂਦੇ ਹਨ, (ਕਿਉਂਕਿ ਨਾਮ ਦੀ ਬਰਕਤਿ ਨਾਲ ਜੀਵ) ਚੰਗੀ ਕਰਣੀ ਵਾਲੇ ਅਤੇ ਚੰਗੀ ਅਕਲ ਵਾਲੇ ਹੋ ਜਾਂਦੇ ਹਨ ।੨।੨।

ਭਾਵ :—ਸਿਮਰਨ ਦੀ ਬਰਕਤਿ ਨਾਲ ਵਿਕਾਰੀ ਭੀ ਭਲੇ ਬਣ ਜਾਂਦੇ ਹਨ । ਤੀਰਥ ਬਰਤ ਆਦਿਕ ਕੁਝ ਨਹੀਂ ਸਵਾਰਦੇ ।

ਤੀਨਿ ਛੰਦੇ ਖੇਲੁ ਆਛੈ ॥੧॥ ਰਹਾਉ ॥ ਕੁੰਭਾਰ ਕੇ ਘਰ ਹਾਂਡੀ ਆਛੈ, ਰਾਜਾ ਕੇ ਘਰ ਸਾਂਡੀ ਗੋ ॥ ਬਾਮਨ ਕੇ ਘਰ ਰਾਂਡੀ ਆਛੈ, ਰਾਂਡੀ ਸਾਂਡੀ, ਹਾਂਡੀ ਗੋ ॥੧॥ ਬਾਣੀਏ ਕੇ ਘਰ ਹੀਂਗੁ ਆਛੈ, ਭੈਸਰ ਮਾਥੈ ਸੀਂਗੁ ਗੋ ॥ ਦੇਵਲ ਮਧੇ ਲੀਗੁ ਆਛੈ, ਲੀਗੁ ਸੀਗੁ ਹੀਗੁ ਗੋ ॥੨॥ ਤੇਲੀ ਕੈ ਘਰ ਤੇਲੁ ਆਛੈ, ਜੰਗਲ ਮਧੇ ਬੇਲ ਗੋ ॥ ਮਾਲੀ ਕੇ ਘਰ ਕੇਲ ਆਛੈ, ਕੇਲ ਬੇਲ ਤੇਲ ਗੋ ॥੩॥ ਸੰਤਾਂ ਮਧੇ ਗੋਬਿੰਦੁ ਆਛੈ, ਗੋਕਲ ਮਧੇ ਸਿਆਮ ਗੋ ॥ ਨਾਮੇ ਮਧੇ ਰਾਮੁ ਆਛੈ, ਰਾਮ ਸਿਆਮ ਗੋਬਿੰਦ ਗੋ ॥੪॥੩॥ {ਪੰਨਾ ੭੧੮}

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਕੀਤੀ ਹੋਈ ਸਾਰੀ ਬਾਣੀ ਸੰਬੰਧੀ, ਸਤਿਗੁਰੂ ਜੀ ਭਗਤ ਕਬੀਰ ਜੀ ਦੀ ਰਾਹੀਂ ਇਉਂ ਫ਼ੁਰਮਾਂਦੇ ਹਨ—

ਲੋਗੁ ਜਾਨੈ ਇਹੁ ਗੀਤੁ ਹੈ ਇਹੁ ਤਉ ਬ੍ਰਹਮ ਬੀਚਾਰੁ ॥ ਜਿਉ ਕਾਸੀ ਉਪਦੇਸੁ ਹੋਇ ਮਾਨਸ ਮਰਤੀ ਬਾਰ ॥੩॥੧॥੪॥੫੫॥ {ਗਉੜੀ ਕਬੀਰ ਜੀ

ਇਸ ਹੁਕਮ ਦੇ ਅਨੁਸਾਰ ਇਹ ਸ਼ਬਦ ਭੀ 'ਬ੍ਰਹਮ ਬੀਚਾਰ' ਹੈ । ਹਰੇਕ ਸ਼ਬਦ ਦੇ 'ਰਹਾਉ' ਵਾਲੇ ਬੰਦ ਵਿਚ 'ਮੁਖ-ਉਪਦੇਸ਼' ਹੁੰਦਾ ਹੈ, 'ਸ਼ਬਦ ਦਾ ਸਾਰ' ਹੁੰਦਾ ਹੈ; ਬਾਕੀ ਦੇ ਬੰਦ 'ਰਹਾਉ' ਦੇ ਬੰਦ ਦਾ ਵਿਕਾਸ ਹਨ; ਸ਼ਬਦ-ਰੂਪ ਖਿੜੇ ਹੋਏ ਫੁੱਲ ਦੇ ਅੰਦਰ 'ਰਹਾਉ' ਦਾ ਬੰਦ, ਮਾਨੋ, ਮਕਰੰਦ ਹੈ ।

ਪਰ ਜਦੋਂ ਅਸੀ ਵਿਦਵਾਨਾਂ ਦੇ ਮੂੰਹੋਂ ਸੁਣਦੇ ਹਾਂ, ਤਾਂ ਉਹ ਇਸ 'ਰਹਾਉ' ਦੀ ਤੁਕ ਦਾ ਅਰਥ ਇਉਂ ਕਰਦੇ ਹਨ :—

ਇਸ ਛੰਦ ਵਿਚ ਤਿੰਨਾਂ ਤਿੰਨਾਂ ਹਿੱਸਿਆਂ ਦੇ ਚੰਗੇ ਪ੍ਰਸੰਗਾਂ ਦੇ ਖੇਲ ਇਕੱਠੇ ਕੀਤੇ ਹੋਏ ਹਨ ।

ਜਾਂ

ਇਹ ਛੰਦ ਤਿੰਨਾਂ ਪਦਾਂ ਉੱਤੇ ਖੇਲ ਰੂਪ ਹੈ ।

ਸਾਰਾ ਸ਼ਬਦ 'ਬ੍ਰਹਮ ਵੀਚਾਰ' ਹੈ, ਸ਼ਬਦ-ਫੁੱਲ ਦਾ ਮਕਰੰਦ ਇਹ ਤੁਕ 'ਤੀਨਿ ਛੰਦੇ ਖੇਲ ਮਾਛੈ' ਹੈ, ਪਰ ਇਸ ਤੁਕ ਦੇ ਉੱਪਰ-ਲਿਖੇ ਅਰਥਾਂ ਵਿਚੋਂ ਗੁਰਮਤਿ-ਉਪਦੇਸ਼ ਦੀ ਸੁਗੰਧੀ ਲੱਭਣੀ ਬਹੁਤ ਕਠਨ ਜਾਪਦੀ ਹੈ ।

ਜਿਵੇਂ 'ਸਦੁ' ਉੱਤੇ ਵਿਚਾਰ ਕਰਦਿਆਂ 'ਸਦ-ਸਟੀਕ' ਪੁਸਤਕ ਵਿਚ ਵਿਸਥਾਰ ਨਾਲ ਦੱਸਿਆ ਗਿਆ ਹੈ, ਅਜਿਹੇ ਮੌਕਿਆਂ ਤੇ ਜੇ ਟਾਕਰੇ ਤੇ ਗੁਰਬਾਣੀ ਵਿਚੋਂ ਹੋਰ ਲਫ਼ਜ਼ਾਂ ਦੀ ਸਹਾਇਤਾ ਲਈ ਜਾਏ, ਤਾਂ ਕਈ ਗੁੰਝਲਾਂ ਹੱਲ ਹੋ ਜਾਂਦੀਆਂ ਹਨ । ਲਫ਼ਜ਼ 'ਖੇਲੁ' ਗੁਰੂ ਗ੍ਰੰਥ ਸਾਹਿਬ ਵਿਚ ਕਈ ਵਾਰੀ ਆਇਆ ਹੈ; ਪ੍ਰਮਾਣ ਵਜੋਂ—

ਸੁਪਨੰਤਰੁ ਸੰਸਾਰ ਸਭੁ ਸਭੁ ਬਾਜੀ 'ਖੇਲੁ' ਖਿਲਾਵੈਗੋ ॥ ਲਾਹਾ ਨਾਮੁ ਗੁਰਮਤਿ ਲੈ ਚਾਲਹੁ ਹਰਿ ਦਰਗਹ ਪੈਧਾ ਜਾਵੈਗੋ ॥੫॥੫॥ {ਕਾਨੜਾ ਮ: ੪ ਅਸਟਪਦੀ

ਰਾਮ ਨਾਮੁ ਵਖਰੁ ਹੈ ਊਤਮੁ ਹਰਿ ਨਾਇਕੁ ਪੁਰਖੁ ਹਮਾਰਾ ॥ ਹਰਿ 'ਖੇਲੁ' ਕੀਆ ਹਰਿ ਆਪੇ ਵਰਤੈ ਸਭੁ ਜਗਤੁ ਕੀਆ ਵਣਜਾਰਾ ॥੪॥ {ਕਾਨੜੇ ਕੀ ਵਾਰ

ਜੈਸੇ ਹਰਹਟ ਕੀ ਮਾਲਾ ਟਿੰਡ ਲਗਤ ਹੈ ॥ ਇਕ ਸਖਨੀ ਹੋਰ ਫੇਰ ਭਰੀਅਤ ਹੈ ॥ ਤੈਸੋ ਹੀ ਇਹ 'ਖੇਲੁ' ਖਸਮ ਕਾ ਜਿਉ ਉਸ ਕੀ ਵਡਿਆਈ ॥੨॥੮॥ {ਪ੍ਰਭਾਤੀ ਮ: ੧

ਆਪੇ ਭਾਂਤ ਬਣਾਏ ਬਹੁਰੰਗੀ ਸ੍ਰਿਸਟਿ ਉਪਾਈ ਪ੍ਰਭਿ 'ਖੇਲੁ' ਕੀਆ ॥ ਕਰਿ ਕਰਿ ਵੇਖੈ ਕਰੇ ਕਰਾਏ ਸਰਬ ਜੀਆ ਨੋ ਰਿਜਕੁ ਦੀਆ ॥੧॥੬॥ {ਪ੍ਰਭਾਤੀ ਮ: ੩

ਪੀਤ ਬਸਨ ਕੁੰਦ-ਦਸਨ ਪ੍ਰਿਅ ਸਹਿਤ ਕੰਠ ਮਾਲ ਮੁਕਟੁ ਸੀਸਿ ਮੋਰ ਪੰਖ ਚਾਰਿ ਜੀਉ ॥ ਬੇਵਜੀਰ ਬਡੇ ਧੀਰ ਧਰਮ ਅੰਗ ਅਲਖ ਅਗਮ 'ਖੇਲੁ' ਕੀਆ ਆਪਣੈ ਉਛਾਹਿ ਜੀਉ ॥੩॥੮॥ {ਸਵਈਏ ਮਹਲੇ ਚੌਥੇ ਕੇ, ਗਯੰਦ

ਕੀਆ 'ਖੇਲੁ' ਬਡਮੇਲੁ ਤਮਾਸਾ ॥ ਵਾਹਿ ਗੁਰੂ ਤੇਰੀ ਸਭ ਰਚਨਾ ॥ ਤੂ ਜਲਿ ਥਲਿ ਗਗਨਿ ਪਯਾਲਿ ਪੂਰਿ ਰਹਾ ਅੰਮ੍ਰਿਤ ਤੇ ਮੀਠੇ ਜਾ ਕੇ ਬਚਨਾ ॥੩॥੧੩॥੪੨॥ {ਸਵਈਏ ਮਹਲੇ ਚੌਥੇ ਕੇ, ਗਯੰਦ

ਸੋ,
'ਖੇਲੁ' ਦਾ ਅਰਥ ਹੈ 'ਜਗਤ-ਰੂਪ ਤਮਾਸ਼ਾ ।' ਤੀਨਿ ਛੰਦੇ ਖੇਲੁ—ਤ੍ਰਿਛੰਦੇ ਦਾ ਖੇਲ, ਤ੍ਰਿਛੰਦੇ (ਸੰਸਾਰ) ਦਾ ਖੇਲ ।

ਨੋਟ :—ਇੱਥੇ 'ਤੀਨ ਛੰਦਾ' ਸਮਾਸੀ ਸ਼ਬਦ ਹੈ, ਭਾਵ, 'ਉਹ ਜਿਸ ਦੇ ਤਿੰਨ ਛੰਦ ਹਨ') । ਛੰਦ—ਇਹ ਲਫ਼ਜ਼ ਸੰਸਕ੍ਰਿਤ ਦਾ ਹੈ । ਇਸ ਦਾ ਅਰਥ ਹੈ 'ਸੁਭਾਉ' ।

ਸੋ,
'ਤਿਨਿ ਛੰਦੇ ਖੇਲੁ' ਦਾ ਅਰਥ ਹੈ "ਉਸ (ਸੰਸਾਰ) ਦਾ ਤਮਾਸ਼ਾ, ਜਿਸ ਵਿਚ ਤਿੰਨ ਸੁਭਾਉ ਮਿਲੇ ਹੋਏ ਹਨ, ਜਿਸ ਵਿਚ ਤਿੰਨ ਗੁਣ ਮਿਲੇ ਹੋਏ ਹਨ; ਭਾਵ, ਤ੍ਰਿਗੁਣੀ ਸੰਸਾਰ ਦਾ ਤਮਾਸ਼ਾ" ।

'ਰਹਾਉ' ਦੀ ਤੁਕ ਦਾ ਅਰਥ :

(ਪਰਮਾਤਮਾ ਦਾ ਰਚਿਆ ਹੋਇਆ) ਇਹ ਤ੍ਰਿਗੁਣੀ ਸੰਸਾਰ ਦਾ ਤਮਾਸ਼ਾ ਹੈ ।

ਜੇ ਇਸ ਅਰਥ ਨੂੰ ਸ਼ਬਦ ਦੇ ਬਾਕੀ ਬੰਦਾਂ ਨਾਲ ਰਲਾ ਕੇ ਪੜ੍ਹੀਏ ਤਾਂ 'ਰਹਾਉ' ਦੀ ਤੁਕ ਦਾ ਭਾਵ ਇਹ ਬਣਦਾ ਹੈ :

ਇਸ ਤ੍ਰਿ-ਗੁਣੀ ਸੰਸਾਰ ਵਿਚ ਅਕਾਲ ਪੁਰਖ ਦਾ ਤਮਾਸ਼ਾ ਹੋ ਰਿਹਾ ਹੈ, ਸਭ ਤ੍ਰੈ-ਗੁਣੀ ਜੀਵ ਆਪੋ ਆਪਣੇ ਸੁਭਾਉ ਅਨੁਸਾਰ ਸਾਧਾਰਨ ਤੌਰ ਤੇ ਪ੍ਰਵਿਰਤ ਹਨ ।

ਇਸੇ ਖ਼ਿਆਲ ਦਾ ਵਿਸਥਾਰ ਬਾਕੀ ਦੇ ਸ਼ਬਦ ਵਿਚ ਹੈ—ਰਾਜਿਆਂ ਦੇ ਘਰ ਸਾਂਵਨੀ ਆਦਿਕ ਰਾਜ ਦੇ ਸਾਮਾਨ ਹਨ; ਕੁੰਭਾਰ, ਤੇਲੀ, ਬਾਣੀਆ ਆਦਿਕ ਕਿਰਤੀ ਭਾਂਡੇ, ਤੇਲ, ਹਿੰਙ ਆਦਿਕ ਚੀਜ਼ਾਂ ਦੇ ਵਿਹਾਰ ਵਿਚ ਪ੍ਰਵਿਰਤ ਹਨ; ਪੰਡਿਤ ਲੋਕ ਪੱਤ੍ਰੀ ਆਦਿਕ ਪੁਸਤਕਾਂ ਦੇ ਵਿਚਾਰ ਵਿਚ ਮਸਤ ਹਨ ।

ਭਗਤ ਨੂੰ ਤਾਂ ਇਹਨਾਂ ਤ੍ਰਿ-ਗੁਣੀ ਪਦਾਰਥਾਂ ਵਿਚ ਰੁੱਝਣ ਦੀ ਲੋੜ ਨਹੀਂ, ਉਹ ਢੂੰਢਦਾ ਹੈ ਇਸ ਤ੍ਰਿ-ਗੁਣੀ ਖੇਲ ਦੇ ਕਰਤਾਰ ਨੂੰ । ਉਹ ਕਿੱਥੇ ਹੈ?—"ਸੰਤਾਂ ਮਧੇ" ।

ਸ਼ਬਦ ਦਾ ਅਰਥ :—(ਪਰਮਾਤਮਾ ਦਾ ਰਚਿਆ ਹੋਇਆ ਇਹ ਜਗਤ) ਤ੍ਰਿ-ਗੁਣੀ ਸੁਭਾਉ ਦਾ ਤਮਾਸ਼ਾ ਹੈ ।੧।ਰਹਾਉ।

(ਸਾਧਾਰਨ ਤੌਰ ਤੇ) ਘੁਮਿਆਰ ਦੇ ਘਰ ਹਾਂਡੀ (ਹੀ ਮਿਲਦੀ) ਹੈ, ਰਾਜੇ ਦੇ ਘਰ ਸਾਂਢੀ (ਆਦਿਕ ਹੀ) ਹੈ; ਤੇ ਬ੍ਰਾਹਮਣ ਦੇ ਘਰ (ਸਗਨ ਮਹੂਰਤ ਆਦਿਕ ਵਿਚਾਰਨ ਲਈ) ਪੱਤ੍ਰੀ (ਆਦਿਕ ਪੁਸਤਕ ਹੀ ਮਿਲਦੀ) ਹੈ । (ਇਹਨਾਂ ਘਰਾਂ ਵਿਚ) ਪੱਤ੍ਰੀ, ਸਾਂਵਨੀ, ਭਾਂਡੇ (ਹਾਂਡੀ) ਹੀ (ਪ੍ਰਧਾਨ ਹਨ) ।੧।

ਹਟਵਾਣੀਏ ਦੇ ਘਰ (ਭਾਵ, ਹੱਟੀ ਵਿੱਚ) ਹਿੰਙ (ਆਦਿਕ ਹੀ ਮਿਲਦੀ) ਹੈ, ਭੈਂਸੇ ਦੇ ਮੱਥੇ ਉੱਤੇ (ਉਸ ਦੇ ਸੁਭਾਉ ਅਨੁਸਾਰ) ਸਿੰਗ (ਹੀ) ਹਨ, ਅਤੇ ਦੇਵਾਲੇ (ਦੇਵ-ਅਸਥਾਨ) ਵਿੱਚ ਲਿੰਗ (ਹੀ ਗੱਡਿਆ ਹੋਇਆ ਦਿੱਸਦਾ) ਹੈ । (ਇਹਨੀਂ ਥਾਈਂ) ਹਿੰਙ, ਸਿੰਗ ਅਤੇ ਲਿੰਗ ਹੀ (ਪ੍ਰਧਾਨ ਹਨ) ।੨।

(ਜੇ) ਤੇਲੀ ਦੇ ਘਰ (ਜਾਉ, ਤਾਂ ਉਥੇ ਅੰਦਰ ਬਾਹਰ) ਤੇਲ (ਹੀ ਤੇਲ ਪਿਆ) ਹੈ, ਜੰਗਲਾਂ ਵਿੱਚ ਵੇਲਾਂ (ਹੀ ਵੇਲਾਂ) ਹਨ ਅਤੇ ਮਾਲੀ ਦੇ ਘਰ ਕੇਲਾ (ਹੀ ਲੱਗਾ ਮਿਲਦਾ) ਹੈ । ਇਹਨੀਂ ਥਾਈਂ ਤੇਲ, ਵੇਲਾਂ ਤੇ ਕੇਲਾ ਹੀ (ਪ੍ਰਧਾਨ ਹਨ) ।੩।

(ਇਸ ਜਗਤ-ਖੇਲ ਦਾ ਰਚਨਹਾਰ ਕਿੱਥੇ ਹੋਇਆ?)

(ਜਿਵੇਂ) ਗੋਕਲ ਵਿੱਚ ਕ੍ਰਿਸ਼ਨ ਜੀ (ਦੀ ਹੀ ਗੱਲ ਚੱਲ ਰਹੀ) ਹੈ, (ਤਿਵੇਂ ਇਸ ਖੇਲ ਦਾ ਮਾਲਕ) ਗੋਬਿੰਦ ਸੰਤਾਂ ਦੇ ਹਿਰਦੇ ਵਿੱਚ ਵੱਸ ਰਿਹਾ ਹੈ । (ਉਹੀ) ਰਾਮ ਨਾਮਦੇਵ ਦੇ (ਭੀ) ਅੰਦਰ (ਪ੍ਰਤੱਖ ਵੱਸ ਰਿਹਾ) ਹੈ । (ਜਿਹਨੀਂ ਥਾਈਂ, ਭਾਵ, ਸੰਤਾਂ ਦੇ ਹਿਰਦੇ ਵਿੱਚ, ਗੋਕਲ ਵਿੱਚ ਅਤੇ ਨਾਮਦੇਵ ਦੇ ਅੰਦਰ) ਗੋਬਿੰਦ ਸ਼ਿਆਮ ਅਤੇ ਰਾਮ ਹੀ (ਗੱਜ ਰਿਹਾ) ਹੈ ।੪।੩।

ਰਾਗੁ ਬੈਰਾੜੀ ਮਹਲਾ ੪ ਘਰੁ ੧ ਦੁਪਦੇ

ੴ ਸਤਿਗੁਰ ਪ੍ਰਸਾਦਿ ॥

ਸੁਨਿ ਮਨ ਅਕਥ ਕਥਾ ਹਰਿਨਾਮ ॥ ਰਿਧਿ ਬੁਧਿ ਸਿਧਿ ਸੁਖ ਪਾਵਹਿ ਭਜੁ ਗੁਰਮਤਿ ਹਰਿ ਰਾਮ ਰਾਮ ॥੧॥ ਰਹਾਉ ॥ ਨਾਨਾ ਖਿਆਨ ਪੁਰਾਨ ਜਸੁ ਊਤਮ ਖਟ ਦਰਸਨ ਗਾਵਹਿ ਰਾਮ ॥ ਸੰਕਰ ਕ੍ਰੋੜਿ ਤੇਤੀਸ ਧਿਆਇਓ ਨਹੀ ਜਾਨਿਓ ਹਰਿ ਮਰਮਾਮ ॥੧॥ ਸੁਰਿ ਨਰ ਗਣ ਗੰਧ੍ਰਬ ਜਸੁ ਗਾਵਹਿ ਸਭ ਗਾਵਤ ਜੇਤ ਉਪਾਮ ॥ ਨਾਨਕ ਕ੍ਰਿਪਾ ਕਰੀ ਹਰਿ ਜਿਨ ਕਉ ਤੇ ਸੰਤ ਭਲੇ ਹਰਿ ਰਾਮ ॥੨॥੧॥ {ਪੰਨਾ ੭੧੯}

ਪਦ ਅਰਥ :—ਮਨ—ਹੇ ਮਨ! ਅਕਥ—ਉਹ ਪ੍ਰਭੂ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ । ਅਕਥ ਕਥਾ—ਉਸ ਪ੍ਰਭੂ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਜਿਸ ਦਾ ਸਹੀ ਸਰੂਪ ਦੱਸਿਆ ਨਹੀਂ ਜਾ ਸਕਦਾ । ਰਿਧਿ—ਧਨ-ਪਦਾਰਥ । ਬੁਧਿ—ਅਕਲ । ਸਿਧਿ—ਕਰਾਮਾਤੀ ਤਾਕਤਾਂ । ਪਾਵਹਿ—ਤੂੰ ਪ੍ਰਾਪਤ ਕਰ ਲਏਂਗਾ । ਗੁਰਮਤਿ—ਗੁਰੂ ਦੀ ਸਿੱਖਿਆ ਉਤੇ ਤੁਰ ਕੇ ।੧।ਰਹਾਉ।

ਨਾਨਾਖਿਆਨ—ਨਾਨਾ ਆਖਿਆਨ । ਨਾਨਾ—ਕਈ ਕਿਸਮਾਂ ਦੇ । ਆਖਿਆਨ—ਪ੍ਰਸੰਗ । ਜਸੁ—ਸਿਫ਼ਤਿ-ਸਾਲਾਹ । ਖਟ ਦਰਸਨ—ਛੇ ਸ਼ਾਸਤ੍ਰ । ਗਾਵਹਿ—ਗਾਂਦੇ ਹਨ । ਸੰਕਰ—ਸ਼ਿਵ । ਮਰਮਾਮ—ਮਰਮ, ਭੇਤ ।੧।

ਸੁਰਿ—ਦੇਵਤੇ । ਨਰ—ਮਨੁੱਖ । ਗਣ—ਸ਼ਿਵ ਜੀ ਦੇ ਸੇਵਕ । ਗੰਧ੍ਰਬ—ਦੇਵਤਿਆਂ ਦੇ ਰਾਗੀ । ਜੇਤ—ਜਿਤਨੀ ਭੀ । ਉਪਾਮ—ਪੈਦਾ ਕੀਤੀ ਹੋਈ ਹੈ । ਕਰੀ—ਕੀਤੀ । ਜਿਨਿ ਕਉ—ਜਿਨ੍ਹਾਂ ਉਤੇ । ਤੇ—ਉਹ (ਬਹੁ-ਵਚਨ) ।੨।

ਅਰਥ :—ਹੇ (ਮੇਰੇ) ਮਨ! ਉਸ ਪਰਮਾਤਮਾ ਦਾ ਨਾਮ ਤੇ ਸਿਫ਼ਤਿ-ਸਾਲਾਹ ਸੁਣਿਆ ਕਰ ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ । ਹੇ ਮਨ! ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦਾ ਭਜਨ ਕਰਿਆ ਕਰ । ਤੂੰ ਧਨ-ਪਦਾਰਥ, ਉੱਚੀ ਅਕਲ, ਕਰਾਮਾਤੀ ਤਾਕਤਾਂ, ਸਾਰੇ ਸੁਖ (ਹਰਿ-ਨਾਮ ਵਿਚ ਹੀ) ਪ੍ਰਾਪਤ ਕਰ ਲਏਂਗਾ ।੧।ਰਹਾਉ।

ਹੇ ਮਨ! (ਉਸ ਅਕਥ ਪਰਮਾਤਮਾ ਦਾ ਸਿਮਰਨ ਕਰਿਆ ਕਰ ਜਿਸ ਦਾ) ਉੱਤਮ ਜਸ (ਮਹਾ ਭਾਰਤ ਆਦਿਕ) ਅਨੇਕਾਂ ਪ੍ਰਸੰਗ, ਪੁਰਾਣ ਅਤੇ ਛੇ ਸ਼ਾਸਤਰ ਗਾਂਦੇ ਹਨ (ਪਰ ਉਸ ਦਾ ਅੰਤ ਨਹੀਂ ਪਾ ਸਕੇ) । ਸ਼ਿਵ ਜੀ ਅਤੇ ਤੇਤੀ ਕ੍ਰੋੜ ਦੇਵਤਿਆਂ ਨੇ ਭੀ ਉਸ ਦਾ ਧਿਆਨ ਧਰਿਆ, ਪਰ ਉਸ ਹਰੀ ਦਾ ਭੇਤ ਨਹੀਂ ਪਾਇਆ ।੧।

(ਹੇ ਮਨ! ਉਸ ਪਰਮਾਤਮਾ ਦੀ ਕਥਾ ਸੁਣਿਆ ਕਰ ਜਿਸ ਦਾ) ਜਸ ਦੇਵਤੇ ਮਨੁੱਖ ਗਣ ਗੰਧਰਬ ਗਾਂਦੇ ਆ ਰਹੇ ਹਨ, ਜਿਤਨੀ ਭੀ ਪੈਦਾ ਕੀਤੀ ਹੋਈ ਸ੍ਰਿਸ਼ਟੀ ਹੈ ਸਾਰੀ ਜਿਸ ਦੇ ਗੁਣ ਗਾਂਦੀ ਹੈ । ਹੇ ਨਾਨਕ! (ਆਖ—ਹੇ ਮਨ!) ਪਰਮਾਤਮਾ ਜਿਨ੍ਹਾਂ ਮਨੁੱਖਾਂ ਉਤੇ ਕਿਰਪਾ ਕਰਦਾ ਹੈ, ਉਹ ਮਨੁੱਖ ਉੱਚੇ ਜੀਵਨ ਵਾਲੇ

ਸੰਤ ਬਣ ਜਾਂਦੇ ਹਨ ਉਂਞ ਉਸ ਦਾ ਭੇਤ ਕੋਈ ਨਹੀਂ ਪਾ ਸਕਦਾ) ।੨।੧।

ਬੈਰਾੜੀ ਮਹਲਾ ੪ ॥ ਮਨ ਮਿਲਿ ਸੰਤ ਜਨਾ ਜਸੁ ਗਾਇਓ ॥ ਹਰਿ ਹਰਿ ਰਤਨੁ ਰਤਨੁ ਹਰਿ ਨੀਕੋ ਗੁਰਿ ਸਤਿਗੁਰਿ ਦਾਨੁ ਦਿਵਾਇਓ ॥੧॥ ਰਹਾਉ ॥ ਤਿਸੁ ਜਨ ਕਉ ਮਨੁ ਤਨੁ ਸਭੁ ਦੇਵਉ ਜਿਨਿ ਹਰਿ ਹਰਿ ਨਾਮੁ ਸੁਨਾਇਓ ॥ ਧਨੁ ਮਾਇਆ ਸੰਪੈ ਤਿਸੁ ਦੇਵਉ ਜਿਨਿ ਹਰਿ ਮੀਤੁ ਮਿਲਾਇਓ ॥੧॥ ਖਿਨੁ ਕਿੰਚਿਤ ਕ੍ਰਿਪਾ ਕਰੀ ਜਗਦੀਸਰਿ ਤਬ ਹਰਿ ਹਰਿ ਹਰਿ ਜਸੁ ਧਿਆਇਓ ॥ ਜਨ ਨਾਨਕ ਕਉ ਹਰਿ ਭੇਟੇ ਸੁਆਮੀ ਦੁਖੁ ਹਉਮੈ ਰੋਗੁ ਗਵਾਇਓ ॥੨॥੨॥ {ਪੰਨਾ ੭੧੯}

ਪਦ ਅਰਥ :—ਮਨ—ਹੇ ਮਨ! ਮਿਲਿ—ਮਿਲ ਕੇ । ਗਾਇਓ—ਗਾਇਆ । ਨੀਕੋ—ਚੰਗਾ, ਕੀਮਤੀ । ਗੁਰਿ—ਗੁਰੂ ਨੇ । ਸਤਿਗੁਰਿ—ਸਤਿਗੁਰੂ ਨੇ ।੧।ਰਹਾਉ।

ਕਉ—ਨੂੰ । ਦੇਵਉ—ਦੇਵਉਂ, ਮੈਂ ਦੇਂਦਾ ਹਾਂ । ਜਿਨਿ—ਜਿਸ ਨੇ । ਸੰਪੈ—ਧਨ-ਪਦਾਰਥ ।੧।

ਖਿਨੁ—ਛਿਨ ਭਰ ਲਈ । ਕਿੰਚਿਤ—ਥੋੜੀ ਜਿਤਨੀ ਹੀ । ਜਗਦੀਸਰਿ—ਜਗਦੀਸ਼ਰ ਨੇ, ਜਗਤ ਦੇ ਈਸ਼ਰ ਨੇ । ਭੇਟੇ—ਮਿਲੇ । ਜਨ ਕਉ—(ਜਿਸ) ਮਨੁੱਖ ਨੂੰ ।੨।

ਅਰਥ :—ਹੇ ਮਨ! ਗੁਰੂ ਨੇ ਸਤਿਗੁਰੂ ਨੇ (ਜਿਸ ਮਨੁੱਖ ਨੂੰ ਪਰਮਾਤਮਾ ਪਾਸੋਂ) ਪਰਮਾਤਮਾ ਦਾ ਰਤਨ ਨਾਮ ਕੀਮਤੀ ਨਾਮ ਬਖ਼ਸ਼ਸ਼ ਵਜੋਂ ਦਿਵਾ ਦਿੱਤਾ, ਉਸ ਨੇ ਸੰਤ ਜਨਾਂ ਨਾਲ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ ।੧।ਰਹਾਉ।

ਹੇ ਮਨ! ਮੈਂ ਉਸ ਮਨੁੱਖ ਨੂੰ ਆਪਣਾ ਮਨ ਤਨ ਸਭ ਕੁਝ ਭੇਟਾ ਕਰਦਾ ਹਾਂ, ਧਨ-ਪਦਾਰਥ ਮਾਇਆ ਉਸ ਦੇ ਹਵਾਲੇ ਕਰਦਾ ਹਾਂ, ਜਿਸ ਨੇ (ਮੈਨੂੰ) ਪਰਮਾਤਮਾ ਦਾ ਨਾਮ ਸੁਣਾਇਆ ਹੈ, ਜਿਸ ਨੇ (ਮੈਨੂੰ) ਮਿੱਤਰ ਪ੍ਰਭੂ ਮਿਲਾਇਆ ਹੈ ।੧।

ਹੇ ਮਨ! ਜਗਤ ਦੇ ਮਾਲਕ-ਪ੍ਰਭੂ ਨੇ ਜਦੋਂ (ਕਿਸੇ ਸੇਵਕ ਉਤੇ) ਇਕ ਪਲ ਭਰ ਲਈ ਥੋੜੀ ਜਿਤਨੀ ਭੀ ਮੇਹਰ ਕਰ ਦਿੱਤੀ, ਉਸ ਨੇ ਤਦੋਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ । ਹੇ ਨਾਨਕ! ਜਿਸ ਮਨੁੱਖ ਨੂੰ ਮਾਲਕ-ਪ੍ਰਭੂ ਜੀ ਮਿਲ ਪਏ, ਉਸ ਦਾ ਹਰੇਕ ਦੁੱਖ (ਤੇ) ਹਉਮੈ ਦਾ ਰੋਗ ਦੂਰ ਹੋ ਗਿਆ ।੨।੨।

ਬੈਰਾੜੀ ਮਹਲਾ ੪ ॥ ਹਰਿ ਜਨੁ ਰਾਮ ਨਾਮ ਗੁਨ ਗਾਵੈ ॥ ਜੇ ਕੋਈ ਨਿੰਦ ਕਰੇ ਹਰਿ ਜਨ ਕੀ ਅਪੁਨਾ ਗੁਨੁ ਨ ਗਵਾਵੈ ॥੧॥ ਰਹਾਉ ॥ ਜੋ ਕਿਛੁ ਕਰੇ ਸੁ ਆਪੇ ਸੁਆਮੀ ਹਰਿ ਆਪੇ ਕਾਰ ਕਮਾਵੈ ॥ ਹਰਿ ਆਪੇ ਹੀ ਮਤਿ ਦੇਵੈ ਸੁਆਮੀ ਹਰਿ ਆਪੇ ਬੋਲਿ ਬੁਲਾਵੈ ॥੧॥ ਹਰਿ ਆਪੇ ਪੰਚ ਤਤੁ ਬਿਸਥਾਰਾ ਵਿਚਿ ਧਾਤੂ ਪੰਚ ਆਪਿ ਪਾਵੈ ॥ ਜਨ ਨਾਨਕ ਸਤਿਗੁਰੁ ਮੇਲੇ ਆਪੇ ਹਰਿ ਆਪੇ ਝਗਰੁ ਚੁਕਾਵੈ ॥੨॥੩॥ {ਪੰਨਾ ੭੧੯}

ਪਦ ਅਰਥ :—ਗਾਵੈ—ਗਾਂਦਾ ਰਹਿੰਦਾ ਹੈ । ਕੀ—ਦੀ । ਗੁਨੁ—ਸੁਭਾਉ ।੧।ਰਹਾਉ।

ਆਪੇ—ਆਪ ਹੀ । ਬੋਲਿ—ਬੋਲ ਕੇ । ਬੋਲਿ ਬੁਲਾਵੈ—(ਆਪ ਹੀ ਹਰੇਕ ਜੀਵ ਵਿਚ) ਬੋਲਣਾ ਹੈ ਆਪ ਹੀ ਜੀਵਾਂ ਨੂੰ ਬੋਲਣ ਦੀ ਪ੍ਰੇਰਨਾ ਕਰਦਾ ਹੈ ।੧।

ਪੰਚ ਤਤੁ—ਜਲ, ਅਗਨੀ, ਪ੍ਰਿਥਵੀ, ਵਾਯੂ, ਆਕਾਸ਼ । ਪੰਚ ਧਾਤੂ—ਜਲ ਵਿਚ ਰਸ, ਅਗਨੀ ਵਿਚ ਰੂਪ, ਪ੍ਰਿਥਵੀ ਵਿਚ ਗੰਧ, ਵਾਯੂ ਵਿਚ ਸਪਰਸ਼, ਆਕਾਸ਼ ਵਿਚ ਸ਼ਬਦ । ਝਗਰੁ—ਖਿੱਚੋਤਾਣ । ਚੁਕਾਵੈ—ਮੁਕਾਂਦਾ ਹੈ ।੨।

ਅਰਥ :—ਹੇ ਭਾਈ! ਪਰਮਾਤਮਾ ਦਾ ਭਗਤ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ । ਜੇ ਕੋਈ ਮਨੁੱਖ ਉਸ ਭਗਤ ਦੀ ਨਿੰਦਾ (ਭੀ) ਕਰਦਾ ਹੈ ਤਾਂ ਉਹ ਭਗਤ ਆਪਣਾ ਸੁਭਾਉ ਨਹੀਂ ਤਿਆਗਦਾ ।੧।ਰਹਾਉ।

ਹੇ ਭਾਈ! (ਭਗਤ ਆਪਣੀ ਨਿੰਦਾ ਸੁਣ ਕੇ ਭੀ ਆਪਣਾ ਸੁਭਾਉ ਨਹੀਂ ਛੱਡਦਾ, ਕਿਉਂਕਿ ਉਹ ਜਾਣਦਾ ਹੈ ਕਿ) ਜੋ ਕੁਝ ਕਰ ਰਿਹਾ ਹੈ ਮਾਲਕ-ਪ੍ਰਭੂ ਆਪ ਹੀ (ਜੀਵਾਂ ਵਿਚ ਬੈਠ ਕੇ) ਕਰ ਰਿਹਾ ਹੈ, ਉਹ ਆਪ ਹੀ ਹਰੇਕ ਕਾਰ ਕਰ ਰਿਹਾ ਹੈ । ਮਾਲਕ-ਪ੍ਰਭੂ ਆਪ ਹੀ (ਹਰੇਕ ਜੀਵ ਨੂੰ) ਮਤਿ ਦੇਂਦਾ ਹੈ, ਆਪ ਹੀ (ਹਰੇਕ ਵਿਚ ਬੈਠਾ) ਬੋਲ ਰਿਹਾ ਹੈ, ਆਪ ਹੀ (ਹਰੇਕ ਜੀਵ ਨੂੰ) ਬੋਲਣ ਦੀ ਪ੍ਰੇਰਨਾ ਕਰ ਰਿਹਾ ਹੈ ।੧।

ਹੇ ਭਾਈ! (ਭਗਤ ਜਾਣਦਾ ਹੈ ਕਿ) ਪਰਮਾਤਮਾ ਨੇ ਆਪ ਹੀ (ਆਪਣੇ ਆਪ ਤੋਂ) ਪੰਜ ਤੱਤਾਂ ਦਾ ਜਗਤ-ਖਿਲਾਰਾ ਖਿਲਾਰਿਆ ਹੋਇਆ ਹੈ, ਆਪ ਹੀ ਇਹਨਾਂ ਤੱਤਾਂ ਵਿਚ ਪੰਜ ਵਿਸ਼ੇ ਭਰੇ ਹੋਏ ਹਨ । ਹੇ ਨਾਨਕ! (ਆਖ—ਹੇ ਭਾਈ) ਪਰਮਾਤਮਾ ਆਪ ਹੀ ਆਪਣੇ ਸੇਵਕ ਨੂੰ ਮਿਲਾਂਦਾ ਹੈ, ਤੇ, ਆਪ ਹੀ (ਉਸ ਦੇ ਅੰਦਰੋਂ ਹਰੇਕ ਕਿਸਮ ਦੀ) ਖਿੱਚੋਤਾਣ ਮੁਕਾਂਦਾ ਹੈ ।੨।੩।

ਬੈਰਾੜੀ ਮਹਲਾ ੪ ॥ ਜਪਿ ਮਨ ਰਾਮ ਨਾਮੁ ਨਿਸਤਾਰਾ ॥ ਕੋਟ ਕੋਟੰਤਰ ਕੇ ਪਾਪ ਸਭਿ ਖੋਵੈ ਹਰਿ ਭਵਜਲੁ ਪਾਰਿ ਉਤਾਰਾ ॥੧॥ ਰਹਾਉ ॥ ਕਾਇਆ ਨਗਰਿ ਬਸਤ ਹਰਿ ਸੁਆਮੀ ਹਰਿ ਨਿਰਭਉ ਨਿਰਵੈਰੁ ਨਿਰੰਕਾਰਾ ॥ ਹਰਿ ਨਿਕਟਿ ਬਸਤ ਕਛੁ ਨਦਰਿ ਨ ਆਵੈ ਹਰਿ ਲਾਧਾ ਗੁਰ ਵੀਚਾਰਾ ॥੧॥ ਹਰਿ ਆਪੇ ਸਾਹੁ ਸਰਾਫੁ ਰਤਨੁ ਹੀਰਾ ਹਰਿ ਆਪਿ ਕੀਆ ਪਾਸਾਰਾ ॥ ਨਾਨਕ ਜਿਸੁ ਕ੍ਰਿਪਾ ਕਰੇ ਸੁ ਹਰਿ ਨਾਮੁ ਵਿਹਾਝੇ ਸੋ ਸਾਹੁ ਸਚਾ ਵਣਜਾਰਾ ॥੨॥੪॥ {ਪੰਨਾ ੭੨੦}

ਪਦ ਅਰਥ :—ਮਨ—ਹੇ ਮਨ! ਨਿਸਤਾਰਾ—ਪਾਰ-ਉਤਾਰਾ । ਕੋਟੁ—ਕਿਲ੍ਹਾ । ਕੋਟ—ਕਿਲ੍ਹੇ । ਕੋਟਿ—ਕ੍ਰੋੜ । ਕੋਟ ਕੋਟੰਤਰ ਕੇ—ਅਨੇਕਾਂ ਕਿਲ੍ਹਿਆਂ ਦੇ, ਅਨੇਕਾਂ ਜੂਨਾਂ ਦੇ । ਸਭਿ—ਸਾਰੇ । ਖੋਵੈ—ਨਾਸ ਕਰਦਾ ਹੈ । ਭਵਜਲੁ—ਸੰਸਾਰ-ਸਮੁੰਦਰ ।੧।ਰਹਾਉ।

ਕਾਇਆ—ਸਰੀਰ । ਨਗਰਿ—ਨਗਰ ਵਿਚ । ਨਿਰੰਕਾਰਾ—ਆਕਾਰ-ਰਹਿਤ । ਨਿਕਟਿ—ਨੇੜੇ । ਗੁਰ ਵੀਚਾਰਾ—ਗੁਰੂ ਦੀ ਦਿੱਤੀ ਸੂਝ ਨਾਲ ।੧।

ਆਪੇ—ਆਪ ਹੀ । ਪਾਸਾਰਾ—ਖਿਲਾਰਾ । ਵਿਹਾਝੇ—ਖ਼ਰੀਦਦਾ ਹੈ । ਸਚਾ—ਸਦਾ-ਥਿਰ ।੨।

ਅਰਥ :—ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, (ਇਹ ਨਾਮ ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਕਰ ਦੇਂਦਾ ਹੈ । (ਪਰਮਾਤਮਾ ਦਾ ਨਾਮ) ਅਨੇਕਾਂ ਜੂਨਾਂ ਦੇ (ਕੀਤੇ ਸਾਰੇ ਪਾਪ ਨਾਸ ਕਰ ਦੇਂਦਾ ਹੈ, ਪਰਮਾਤਮਾ (ਸਿਮਰਨ ਕਰਨ ਵਾਲੇ ਜੀਵ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ।੧।ਰਹਾਉ।

(ਹੇ ਭਾਈ!) ਮਾਲਕ-ਪ੍ਰਭੂ (ਸਾਡੇ) ਸਰੀਰ-ਸ਼ਹਰ ਵਿਚ ਵੱਸਦਾ ਹੈ, (ਫਿਰ ਭੀ) ਉਸ ਨੂੰ ਕੋਈ ਡਰ ਨਹੀਂ ਪੋਂਹਦਾ, ਉਸ ਨੂੰ ਕਿਸੇ ਨਾਲ ਵੈਰ ਨਹੀਂ, ਉਸ ਦਾ ਕੋਈ ਖ਼ਾਸ ਆਕਾਰ ਨਹੀਂ । ਪਰਮਾਤਮਾ (ਸਦਾ ਸਾਡੇ) ਨੇੜੇ ਵੱਸਦਾ ਹੈ, (ਪਰ ਸਾਨੂੰ) ਦਿੱਸਦਾ ਨਹੀਂ (ਹਾਂ,) ਗੁਰੂ ਦੀ ਬਖ਼ਸ਼ੀ ਸੂਝ ਨਾਲ ਉਹ ਹਰੀ ਲੱਭ ਪੈਂਦਾ ਹੈ ।੧।

(ਗੁਰੂ ਦੀ ਬਖ਼ਸ਼ੀ ਮਤਿ ਨਾਲ ਇਹ ਸਮਝ ਆ ਜਾਂਦੀ ਹੈ ਕਿ) ਪਰਮਾਤਮਾ ਆਪ ਹੀ ਹੀਰਾ ਹੈ ਆਪ ਹੀ ਰਤਨ ਹੈ, ਆਪ ਹੀ (ਇਸ ਨੂੰ ਵਿਹਾਝਣ ਵਾਲਾ) ਸ਼ਾਹ ਹੈ ਸਰਾਫ਼ ਹੈ, ਉਸ ਨੇ ਆਪ ਹੀ ਇਹ ਜਗਤ ਦਾ ਖਿਲਾਰਾ ਰਚਿਆ ਹੋਇਆ ਹੈ । ਹੇ ਨਾਨਕ! ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾ ਕਰਦਾ ਹੈ, ਉਹ ਮਨੁੱਖ ਉਸ ਦਾ ਨਾਮ ਵਿਹਾਝਦਾ ਹੈ, ਉਹ ਮਨੁੱਖ (ਨਾਮ-ਰਤਨ ਦਾ) ਸਾਹੂਕਾਰ ਬਣ ਜਾਂਦਾ ਹੈ, ਉਹ ਸਦਾ ਲਈ (ਇਸ ਨਾਮ-ਰਤਨ ਦਾ) ਵਣਜ ਕਰਦਾ ਰਹਿੰਦਾ ਹੈ ।੨।੪।

ਬੈਰਾੜੀ ਮਹਲਾ ੪ ॥ ਜਪਿ ਮਨ ਹਰਿ ਨਿਰੰਜਨੁ ਨਿਰੰਕਾਰਾ ॥ ਸਦਾ ਸਦਾ ਹਰਿ ਧਿਆਈਐ ਸੁਖਦਾਤਾ ਜਾ ਕਾ ਅੰਤੁ ਨ ਪਾਰਾਵਾਰਾ ॥੧॥ ਰਹਾਉ ॥ ਅਗਨਿ ਕੁੰਟ ਮਹਿ ਉਰਧ ਲਿਵ ਲਾਗਾ ਹਰਿ ਰਾਖੈ ਉਦਰ ਮੰਝਾਰਾ ॥ ਸੋ ਐਸਾ ਹਰਿ ਸੇਵਹੁ ਮੇਰੇ ਮਨ ਹਰਿ ਅੰਤਿ ਛਡਾਵਣਹਾਰਾ ॥੧॥ ਜਾ ਕੈ ਹਿਰਦੈ ਬਸਿਆ ਮੇਰਾ ਹਰਿ ਹਰਿ ਤਿਸੁ ਜਨ ਕਉ ਕਰਹੁ ਨਮਸਕਾਰਾ ॥ ਹਰਿ ਕਿਰਪਾ ਤੇ ਪਾਈਐ ਹਰਿ ਜਪੁ ਨਾਨਕ ਨਾਮੁ ਅਧਾਰਾ ॥੨॥੫॥ {ਪੰਨਾ ੭੨੦}

ਪਦ ਅਰਥ :—ਮਨ—ਹੇ ਮਨ! ਨਿਰੰਜਨੁ—{ਨਿਰ-ਅੰਜਨੁ । ਅੰਜਨੁ—ਮਾਇਆ ਦੀ ਕਾਲਖ} ਮਾਇਆ ਦੇ ਪ੍ਰਭਾਵ ਤੋਂ ਰਹਿਤ । ਜਾ ਕਾ—ਜਿਸ (ਹਰੀ) ਦਾ । ਪਾਰਾਵਾਰ—ਪਾਰ ਅਵਾਰ, ਪਾਰਲਾ ਉਰਲਾ ਬੰਨਾ ।੧।ਰਹਾਉ।

ਅਗਨਿ ਕੁੰਟ—ਅੱਗ ਦਾ ਕੁੰਡ । ਮਹਿ—ਵਿਚ । ਉਰਧ—ਉਲਟਾ (ਲਟਕਿਆ ਹੋਇਆ) । ਲਿਵ ਲਾਗਾ—ਸੁਰਤਿ ਜੋੜੀ ਰੱਖਦਾ ਹੈ । ਉਦਰ—(ਮਾਂ ਦਾ) ਪੇਟ । ਮੰਝਾਰਾ—ਮੰਝ, ਵਿਚ । ਅੰਤਿ—ਅਖ਼ੀਰ ਵੇਲੇ ।੧।

ਕੈ ਹਿਰਦੈ—ਦੇ ਹਿਰਦੇ ਵਿਚ । ਤੇ—ਤੋਂ, ਨਾਲ । ਪਾਈਐ—ਲੱਭਦਾ ਹੈ । ਹਰਿ ਜਪੁ—ਹਰੀ ਦਾ ਜਪ । ਅਧਾਰਾ—ਆਸਰਾ ।੨।

ਅਰਥ :—ਹੇ (ਮੇਰੇ) ਮਨ! ਉਸ ਪਰਮਾਤਮਾ ਦਾ ਨਾਮ ਜਪਿਆ ਕਰ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਜਿਸ ਦਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ । ਹੇ ਮਨ! ਜਿਸ (ਪ੍ਰਭੂ ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਜਿਸ (ਦੇ ਸਰੂਪ ਦਾ) ਹੱਦ-ਬੰਨਾ ਨਹੀਂ ਲੱਭਦਾ, ਉਸ ਸੁਖਾਂ ਦੇ ਦੇਣ ਵਾਲੇ ਨੂੰ ਸਦਾ ਹੀ ਸਿਮਰਨਾ ਚਾਹੀਦਾ ਹੈ ।੧।ਰਹਾਉ।

ਹੇ ਮਨ! ਜਦੋਂ ਜੀਵ (ਮਾਂ ਦੇ ਪੇਟ ਦੀ) ਅੱਗ ਦੇ ਕੁੰਡ ਵਿਚ ਪੁੱਠਾ ਲਟਕਿਆ ਹੋਇਆ (ਉਸ ਦੇ ਚਰਨਾਂ ਵਿਚ) ਸੁਰਤਿ ਜੋੜੀ ਰੱਖਦਾ ਹੈ (ਤਦੋਂ) ਪਰਮਾਤਮਾ (ਮਾਂ ਦੇ) ਪੇਟ ਵਿਚ ਉਸ ਦੀ ਰੱਖਿਆ ਕਰਦਾ ਹੈ । ਹੇ ਮੇਰੇ ਮਨ! ਇਹੋ ਜਿਹੀ ਸਮਰਥਾ ਵਾਲੇ ਪ੍ਰਭੂ ਦੀ ਸਦਾ ਸੇਵਾ-ਭਗਤੀ ਕਰਿਆ ਕਰ, ਅਖ਼ੀਰ ਵੇਲੇ ਭੀ ਉਹੀ ਪ੍ਰਭੂ ਛਡਾ ਸਕਣ ਵਾਲਾ ਹੈ ।੧।

ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਸੱਚਾ ਵੱਸਿਆ ਰਹਿੰਦਾ ਹੈ, ਹੇ ਮੇਰੇ ਮਨ! ਉਸ ਮਨੁੱਖ ਅੱਗੇ ਸਦਾ ਸਿਰ ਨਿਵਾਇਆ ਕਰ । ਹੇ ਨਾਨਕ! (ਆਖ—ਹੇ ਮਨ!) ਪਰਮਾਤਮਾ ਦੀ ਕਿਰਪਾ ਨਾਲ ਹੀ ਪਰਮਾਤਮਾ ਦੇ ਨਾਮ ਦਾ ਜਾਪ ਪ੍ਰਾਪਤ ਹੁੰਦਾ ਹੈ (ਜਿਸ ਨੂੰ ਪ੍ਰਾਪਤ ਹੋ ਜਾਂਦਾ ਹੈ) ਨਾਮ (ਉਸ ਦੀ ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ ।੨।੫।

ਬੈਰਾੜੀ ਮਹਲਾ ੪ ॥ ਜਪਿ ਮਨ ਹਰਿ ਹਰਿ ਨਾਮੁ ਨਿਤ ਧਿਆਇ ॥ ਜੋ ਇਛਹਿ ਸੋਈ ਫਲੁ ਪਾਵਹਿ ਫਿਰਿ ਦੂਖੁ ਨ ਲਾਗੈ ਆਇ ॥੧॥ ਰਹਾਉ ॥ ਸੋ ਜਪੁ ਸੋ ਤਪੁ ਸਾ ਬ੍ਰਤ ਪੂਜਾ ਜਿਤੁ ਹਰਿ ਸਿਉ ਪ੍ਰੀਤਿ ਲਗਾਇ ॥ ਬਿਨੁ ਹਰਿ ਪ੍ਰੀਤਿ ਹੋਰ ਪ੍ਰੀਤਿ ਸਭ ਝੂਠੀ ਇਕ ਖਿਨ ਮਹਿ ਬਿਸਰਿ ਸਭ ਜਾਇ ॥੧॥ ਤੂ ਬੇਅੰਤੁ ਸਰਬ ਕਲ ਪੂਰਾ ਕਿਛੁ ਕੀਮਤਿ ਕਹੀ ਨ ਜਾਇ ॥ ਨਾਨਕ ਸਰਣਿ ਤੁਮ੍ਹਾਰੀ ਹਰਿ ਜੀਉ ਭਾਵੈ ਤਿਵੈ ਛਡਾਇ ॥੨॥੬॥ {ਪੰਨਾ ੭੨੦}

ਪਦ ਅਰਥ :—ਮਨ—ਹੇ ਮਨ! ਧਿਆਇ—ਧਿਆਨ ਧਰਿਆ ਕਰ । ਨਿਤ—ਸਦਾ । ਇਛਹਿ—ਤੂੰ ਚਾਹੇਂਗਾ । ਪਾਵਹਿ—ਤੂੰ ਹਾਸਲ ਕਰ ਲਏਂਗਾ । ਨ ਲਾਗੈ—ਪੋਹ ਨਹੀਂ ਸਕੇਗਾ । ਆਇ—ਆ ਕੇ ।੧।ਰਹਾਉ।

ਜਿਤੁ—ਜਿਸ (ਸਿਮਰਨ) ਦੀ ਰਾਹੀਂ । ਸੋ ਜਪੁ—ਉਹ (ਸਿਮਰਨ ਭੀ) ਜਪ ਹੈ । ਝੂਠੀ—ਨਾਸਵੰਤ । ਸਭ—ਸਾਰੀ । ਬਿਸਰਿ ਜਾਇ—ਭੁੱਲ ਜਾਂਦੀ ਹੈ ।੧।

ਸਰਬ—ਸਾਰੀਆਂ । ਕਲ—ਤਾਕਤਾਂ । ਹਰਿ ਜੀਉ—ਹੇ ਪ੍ਰਭੂ ਜੀ! ਭਾਵੈ—(ਜਿਵੇਂ ਤੈਨੂੰ) ਚੰਗਾ ਲੱਗੇ । ਛਡਾਇ—(ਹੋਰ ਹੋਰ ਪ੍ਰੀਤਿ ਤੋਂ) ਬਚਾ ਲੈ ।੨।

ਅਰਥ :—ਹੇ (ਮੇਰੇ) ਮਨ! ਸਦਾ ਪ੍ਰਭੂ ਦਾ ਨਾਮ ਜਪਿਆ ਕਰ, ਪ੍ਰਭੂ ਦਾ ਧਿਆਨ ਧਰਿਆ ਕਰ, (ਉਸ ਪ੍ਰਭੂ ਦੇ ਦਰ ਤੋਂ) ਜੋ ਕੁਝ ਮੰਗੇਂਗਾ, ਉਹੀ ਪ੍ਰਾਪਤ ਕਰ ਲਏਂਗਾ । ਕੋਈ ਦੁੱਖ ਭੀ ਆ ਕੇ ਤੈਨੂੰ ਪੋਹ ਨਹੀਂ ਸਕੇਗਾ ।੧।ਰਹਾਉ।

ਹੇ ਮਨ! ਜਿਸ ਸਿਮਰਨ ਦੀ ਬਰਕਤਿ ਨਾਲ ਪਰਮਾਤਮਾ ਨਾਲ ਪ੍ਰੀਤਿ ਬਣੀ ਰਹਿੰਦੀ ਹੈ, ਉਹ ਸਿਮਰਨ ਹੀ ਜਪ ਹੈ, ਉਹ ਸਿਮਰਨ ਹੀ ਤਪ ਹੈ, ਉਹ ਸਿਮਰਨ ਹੀ ਵਰਤ ਹੈ, ਉਹ ਸਿਮਰਨ ਹੀ ਪੂਜਾ ਹੈ । ਪ੍ਰਭੂ-ਚਰਨਾਂ ਦੇ ਪਿਆਰ ਤੋਂ ਬਿਨਾ ਹੋਰ (ਜਪ ਤਪ ਆਦਿਕ ਦਾ) ਪਿਆਰ ਝੂਠਾ ਹੈ, ਇਕ ਛਿਨ ਵਿਚ ਹੀ ਉਹ ਪਿਆਰ ਭੁੱਲ ਜਾਂਦਾ ਹੈ ।੧।

ਹੇ ਨਾਨਕ! (ਆਖ—) ਹੇ ਪ੍ਰਭੂ ਜੀ! ਤੂੰ ਬੇਅੰਤ ਹੈਂ, ਤੂੰ ਸਾਰੀਆਂ ਤਾਕਤਾਂ ਨਾਲ ਭਰਪੂਰ ਹੈਂ, ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ । ਮੈਂ (ਨਾਨਕ) ਤੇਰੀ ਸਰਨ ਆਇਆ ਹਾਂ, ਜਿਵੇਂ ਤੈਨੂੰ ਚੰਗਾ ਲੱਗੇ, ਮੈਨੂੰ ਆਪਣੇ ਚਰਨਾਂ ਤੋਂ ਬਿਨਾ ਹੋਰ ਹੋਰ ਪ੍ਰੀਤਿ ਤੋਂ ਬਚਾਈ ਰੱਖ ।੨।੬।

ਰਾਗੁ ਬੈਰਾੜੀ ਮਹਲਾ ੫ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਸੰਤ ਜਨਾ ਮਿਲਿ ਹਰਿ ਜਸੁ ਗਾਇਓ ॥ ਕੋਟਿ ਜਨਮ ਕੇ ਦੂਖ ਗਵਾਇਓ ॥੧॥ ਰਹਾਉ ॥ ਜੋ ਚਾਹਤ ਸੋਈ ਮਨਿ ਪਾਇਓ ॥ ਕਰਿ ਕਿਰਪਾ ਹਰਿ ਨਾਮੁ ਦਿਵਾਇਓ ॥੧॥ ਸਰਬ ਸੁਖ ਹਰਿ ਨਾਮਿ ਵਡਾਈ ॥ ਗੁਰ ਪ੍ਰਸਾਦਿ ਨਾਨਕ ਮਤਿ ਪਾਈ ॥੨॥੧॥੭॥ {ਪੰਨਾ ੭੨੦}

ਪਦ ਅਰਥ :—ਮਿਲਿ—ਮਿਲ ਕੇ । ਜਸੁ—ਸਿਫ਼ਤਿ-ਸਾਲਾਹ ਦਾ ਗੀਤ । ਗਾਇਓ—ਗਾਇਆ । ਕੋਟਿ—ਕ੍ਰੋੜਾਂ । ਗਵਾਇਓ—ਦੂਰ ਕਰ ਲਏ ।੧।ਰਹਾਉ।

ਚਾਹਤ—ਚਾਹੁੰਦਾ ਹੈ । ਸੋਈ—ਉਹੀ ਮੁਰਾਦ । ਮਨਿ—ਮਨ ਵਿਚ । ਪਾਇਓ—ਪ੍ਰਾਪਤ ਕਰ ਲਈ । ਕਰਿ—ਕਰ ਕੇ । ਦਿਵਾਇਓ—(ਪ੍ਰਭੂ ਪਾਸੋਂ) ਦਿਵਾ ਦਿੱਤਾ ।੧।

ਹਰਿ ਨਾਮਿ—ਪ੍ਰਭੂ ਦੇ ਨਾਮ ਵਿਚ (ਜੁੜਿਆਂ) । ਸਰਬ—ਸਾਰੇ । ਵਡਾਈ—ਆਦਰ ਇੱਜ਼ਤ । ਪ੍ਰਸਾਦਿ—ਕਿਰਪਾ ਨਾਲ । ਮਤਿ—ਅਕਲ ।੨।

ਅਰਥ :—ਹੇ ਭਾਈ! ਜਿਸ ਭੀ ਮਨੁੱਖ ਨੇ ਗੁਰਮੁਖਾਂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਹੈ, ਉਸ ਨੇ ਆਪਣੇ ਕ੍ਰੋੜਾਂ ਜਨਮਾਂ ਦੇ ਦੁੱਖ ਦੂਰ ਕਰ ਲਏ ਹਨ ।੧।ਰਹਾਉ।

ਹੇ ਭਾਈ! ਸਿਫ਼ਤਿ-ਸਾਲਾਹ ਕਰਨ ਵਾਲੇ ਮਨੁੱਖ ਨੇ ਜੋ ਕੁਝ ਭੀ ਆਪਣੇ ਮਨ ਵਿਚ ਚਾਹ ਕੀਤੀ, ਉਸ ਨੂੰ ਉਹੀ ਪ੍ਰਾਪਤ ਹੋ ਗਈ । (ਗੁਰੂ ਨੇ) ਕਿਰਪਾ ਕਰ ਕੇ ਉਸ ਨੂੰ (ਪ੍ਰਭੂ ਦੇ ਦਰ ਤੋਂ) ਪ੍ਰਭੂ ਦਾ ਨਾਮ ਭੀ ਦਿਵਾ ਦਿੱਤਾ ।

ਹੇ ਭਾਈ! ਪਰਮਾਤਮਾ ਦੇ ਨਾਮ ਵਿਚ (ਜੁੜਿਆਂ) ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ, (ਲੋਕ ਪਰਲੋਕ ਵਿਚ) ਇੱਜ਼ਤ (ਭੀ ਮਿਲ ਜਾਂਦੀ ਹੈ) । ਹੇ ਨਾਨਕ! (ਪ੍ਰਭੂ ਦੇ ਨਾਮ ਵਿਚ ਜੁੜਨ ਦੀ ਇਹ) ਅਕਲ ਗੁਰੂ ਦੀ ਕਿਰਪਾ ਨਾਲ ਹੀ ਮਿਲਦੀ ਹੈ ।੨।੧।੭।

ਨੋਟ :—ਅੰਕ ੧—ਮਹਲਾ ੫ ਦਾ ਇਕ ਸ਼ਬਦ
ਮਹਲਾ ੪ — ੬ ਸ਼ਬਦ
ਮਹਲਾ ੫ — ੧ ਸ਼ਬਦ
. . . . . ——
. ਜੋੜ . . . ੭

ਰਾਗੁ ਤਿਲੰਗ ਮਹਲਾ ੧ ਘਰੁ ੧

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਯਕ ਅਰਜ ਗੁਫਤਮ ਪੇਸਿ ਤੋ ਦਰ ਗੋਸ ਕੁਨ ਕਰਤਾਰ ॥ ਹਕਾ ਕਬੀਰ ਕਰੀਮ ਤੂ ਬੇਐਬ ਪਰਵਦਗਾਰ ॥੧॥ ਦੁਨੀਆ ਮੁਕਾਮੇ ਫਾਨੀ ਤਹਕੀਕ ਦਿਲ ਦਾਨੀ ॥ ਮਮ ਸਰ ਮੂਇ ਅਜਰਾਈਲ ਗਿਰਫਤਹ ਦਿਲ ਹੇਚਿ ਨ ਦਾਨੀ ॥੧॥ ਰਹਾਉ ॥ ਜਨ ਪਿਸਰ ਪਦਰ ਬਿਰਾਦਰਾਂ ਕਸ ਨੇਸ ਦਸਤੰਗੀਰ ॥ ਆਖਿਰ ਬਿਅਫਤਮ ਕਸ ਨ ਦਾਰਦ ਚੂੰ ਸਵਦ ਤਕਬੀਰ ॥੨॥ ਸਬ ਰੋਜ ਗਸਤਮ ਦਰ ਹਵਾ ਕਰਦੇਮ ਬਦੀ ਖਿਆਲ ॥ ਗਾਹੇ ਨ ਨੇਕੀ ਕਾਰ ਕਰਦਮ ਮਮ ਈ ਚਿਨੀ ਅਹਵਾਲ ॥੩॥ ਬਦਬਖਤ ਹਮ ਚੁ ਬਖੀਲ ਗਾਫਿਲ ਬੇਨਜਰ ਬੇਬਾਕ ॥ ਨਾਨਕ ਬੁਗੋਯਦ ਜਨੁ ਤੁਰਾ ਤੇਰੇ ਚਾਕਰਾਂ ਪਾ ਖਾਕ ॥੪॥੧॥ {ਪੰਨਾ ੭੨੧}

ਪਦ ਅਰਥ :—ਯਕ—ਇਕ । ਅਰਜ—ਅਰਜ਼, ਬੇਨਤੀ । ਗੁਫਤਮ—ਗੁਫ਼ਤਮ, ਮੈਂ ਆਖ਼ੀ {ਗੁਫ਼ਤ—ਆਖੀ । ਮ—ਮੈਂ} । ਪੇਸਿ—ਪੇਸ਼ਿ, ਸਾਹਮਣੇ, ਅੱਗੇ । ਪੇਸਿ ਤੋ—ਤੇਰੇ ਅੱਗੇ । ਦਰ—ਵਿਚ । ਗੋਸ—ਗੋਸ਼, ਕੰਨ । ਦਰ ਗੋਸ—ਕੰਨਾਂ ਵਿਚ । ਕੁਨ—ਕਰ । ਦਰ ਗੋਸ ਕੁਨ—ਕੰਨਾਂ ਵਿਚ ਕਰ, ਧਿਆਨ ਨਾਲ ਸੁਣ । ਕਰਤਾਰ—ਹੇ ਕਰਤਾਰ! ਹਕਾ—ਹੱਕਾ, ਸੱਚਾ । ਕਬੀਰ—ਵਡਾ । ਕਰੀਮ—ਕਰਮ ਕਰਨ ਵਾਲਾ, ਬਖ਼ਸ਼ਸ਼ ਕਰਨ ਵਾਲਾ । ਐਬ—ਵਿਕਾਰ । ਬੇਐਬ—ਨਿਰ-ਵਿਕਾਰ, ਪਵਿਤ੍ਰ । ਪਰਵਦਗਾਰ—ਪਰਵਰਦਗਾਰ, ਪਾਲਣਾ ਕਰਨ ਵਾਲਾ ।੧।

ਮੁਕਾਮ—ਥਾਂ । ਫਾਨੀ—ਫ਼ਾਨੀ, ਫ਼ਨਾਹ ਹੋਣ ਵਾਲਾ, ਨਾਸਵੰਤ । ਮੁਕਾਮੇ ਫਾਨੀ—ਫ਼ਨਾਹ ਦਾ ਥਾਂ । ਤਹਕੀਕ—ਸੱਚ । ਦਿਲ—ਹੇ ਦਿਲ! ਦਾਨੀ—ਤੂੰ ਜਾਣ । ਮਮ—ਮੇਰਾ । ਸਰ—ਸਿਰ । ਮੂਇ—ਵਾਲ । ਮਮ ਸਰ ਮੂਇ—ਮੇਰੇ ਸਿਰ ਦੇ ਵਾਲ । ਅਜਰਾਈਲ—ਅਜ਼ਰਾਈਲ, ਮੌਤ ਦੇ ਫ਼ਰਿਸ਼ਤੇ ਦਾ ਨਾਮ ਹੈ । ਗਿਰਫਤਹ—ਗਿਰਫ਼ਤਹ, ਗ੍ਰਿਫ਼ਤਹ, ਫੜੇ ਹੋਏ ਹਨ । ਦਿਲ—ਹੇ ਦਿਲ! ਹੇਚਿ ਨ—ਕੁਝ ਭੀ ਨਹੀਂ । ਦਾਨੀ—ਤੂੰ ਜਾਣਦਾ ।੧।ਰਹਾਉ।

ਜਨ—ਜ਼ਨ, ਇਸਤ੍ਰੀ । ਪਿਸਰ—ਪੁੱਤਰ । ਪਦਰ—ਪਿਉ । ਬਿਰਾਦਰ—ਭਰਾ । ਬਿਰਾਦਰਾਂ—ਭਰਾਵਾਂ ਵਿਚ । ਕਸ—ਕੋਈ ਭੀ । ਨੇਸ—ਨੇਸਤ, ਨ ਅਸਤ, ਨਹੀਂ ਹੈ । ਦਸਤ—ਹੱਥ । ਗੀਰ—ਫੜਨ ਵਾਲਾ । ਦਸਤੰਗੀਰ—ਹੱਥ ਫੜਨ ਵਾਲਾ । ਆਖਿਰ—ਆਖ਼ਿਰ, ਅੰਤ ਨੂੰ । ਬਿਅਫਤਮ—ਬਿਅਫ਼ਤਮ, ਮੈਂ ਡਿੱਗਾ {ਉਫ਼ਤਾਦਨ—ਡਿੱਗਣਾ} । ਕਸ—ਕੋਈ ਭੀ । ਦਾਰਦੁ—ਰੱਖਦਾ, ਰੱਖ ਸਕਦਾ । {ਦਾਸ਼ਤਨ—ਰੱਖਣਾ} । ਚੂੰ—ਜਦੋਂ । ਸਵਦ—ਸ਼ਵਦ, ਹੋਵੇਗੀ । ਤਕਬੀਰ—ਉਹ ਨਮਾਜ਼ ਜੋ ਮੁਰਦੇ ਨੂੰ ਦਬਾਣ ਵੇਲੇ ਪੜ੍ਹੀਦੀ ਹੈ, ਜਨਾਜ਼ਾ ।੨।

ਸਬ—ਸ਼ਬ, ਰਾਤ । ਰੋਜ—ਰੋਜ਼, ਦਿਨ । ਗਸਤਮ—ਗਸ਼ਤਮ, ਮੈਂ ਫਿਰਦਾ ਰਿਹਾ । ਦਰ—ਵਿਚ । ਹਵਾ—ਹਿਰਸ, ਲਾਲਚ । ਕਰਦੇਮ—ਅਸੀ ਕਰਦੇ

ਰਹੇ, ਮੈਂ ਕਰਦਾ ਰਿਹਾ । ਕਰਦ—ਕੀਤਾ । ਬਦੀ—ਬੁਰਾਈ । ਖਿਆਲ —ਖ਼ਿਆਲ । ਬਦੀ ਖਿਆਲ—ਬੁਰਾਈਆਂ ਦੇ ਖ਼ਿਆਲ । ਗਾਹੇ—ਕਦੇ । ਗਾਹੇ ਨ—ਕਦੇ ਭੀ ਨਾਹ । ਕਰਦਮ—ਮੈਂ ਕੀਤੀ । ਈ—ਇਹ । ਚਿਨੀ—ਜਿਹਾ । ਈ ਚਿਨੀ—ਇਹੋ ਜਿਹਾ । ਅਹਵਾਲ—ਹਾਲ ।੩।

ਬਦ—ਭੈੜਾ । ਬਖਤ—ਬਖ਼ਤ, ਨਸੀਬਾ । ਬਦ ਬਖਤ—ਭੈੜੇ ਨਸੀਬੇ ਵਾਲਾ । ਹਮ—ਅਸੀ । ਚੁ—ਵਰਗਾ । ਹਮ ਚੁ—ਸਾਡੇ ਵਰਗਾ, ਮੇਰੇ ਵਰਗਾ । ਬਖੀਲ—ਬਖ਼ੀਲ, ਚੁਗ਼ਲੀ ਕਰਨ ਵਾਲਾ । ਗਾਫਿਲ—ਗ਼ਾਫ਼ਿਲ, ਗ਼ਫਲਤ ਕਰਨ ਵਾਲਾ, ਸੁਸਤ, ਢਿੱਲੜ, ਲਾ-ਪਰਵਾਹ । ਨਜਰ—ਨਜ਼ਰ । ਬੇ ਨਜਰ—ਢੀਠ, ਨਿਲੱਜ । ਬੇ—ਬਿਨਾ । ਬਾਕ—ਡਰ । ਬੇ ਬਾਕ—ਨਿਡਰ । ਬੁਗੋਯਦ—ਆਖਦਾ ਹੈ {ਗੁਫ਼ਤਨ—ਆਖਣਾ} । ਜਨੁ—ਦਾਸ । ਤੁਰਾ—ਤੈਨੂੰ । ਪਾ ਖਾਕ—ਪਾ ਖ਼ਾਕ, ਪੈਰਾਂ ਦੀ ਖ਼ਾਕ, ਚਰਨਾਂ ਦੀ ਧੂੜ । ਚਾਕਰ—ਸੇਵਕ ।੪।

ਅਰਥ :—ਹੇ ਕਰਤਾਰ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ । ਤੂੰ (ਸਭ ਤੋਂ) ਵੱਡਾ ਹੈਂ, ਤੂੰ ਬਖ਼ਸ਼ਸ਼ ਕਰਨ ਵਾਲਾ ਹੈਂ, ਤੂੰ ਪਵਿਤ੍ਰ ਹਸਤੀ ਵਾਲਾ ਹੈਂ, ਤੂੰ ਸਭ ਦਾ ਪਾਲਣ ਵਾਲਾ ਹੈਂ । ਮੈਂ ਤੇਰੇ ਅੱਗੇ ਇਕ ਬੇਨਤੀ ਕੀਤੀ ਹੈ, (ਮੇਰੀ ਬੇਨਤੀ) ਧਿਆਨ ਨਾਲ ਸੁਣ ।੧।

ਹੇ (ਮੇਰੇ) ਦਿਲ! ਤੂੰ ਸੱਚ ਜਾਣ ਕਿ ਇਹ ਦੁਨੀਆ ਨਾਸਵੰਤ ਹੈ । ਹੇ ਦਿਲ! ਤੂੰ ਕੁਝ ਭੀ ਨਹੀਂ ਸਮਝਦਾ ਕਿ (ਮੌਤ ਦੇ ਫ਼ਰਿਸ਼ਤੇ) ਅਜ਼ਰਾਈਲ ਨੇ ਮੇਰੇ ਸਿਰ ਦੇ ਵਾਲ ਫੜੇ ਹੋਏ ਹਨ ।੧।ਰਹਾਉ।

ਇਸਤ੍ਰੀ, ਪੁੱਤਰ, ਪਿਉ, (ਸਾਰੇ) ਭਰਾ, (ਇਹਨਾਂ ਵਿਚੋਂ) ਕੋਈ ਭੀ ਮਦਦ ਕਰਨ ਵਾਲਾ ਨਹੀਂ ਹੈ, (ਜਦੋਂ) ਆਖ਼ਿਰ ਨੂੰ ਮੈਂ ਡਿੱਗਾ (ਭਾਵ, ਜਦੋਂ ਮੌਤ ਆ ਗਈ), ਜਦੋਂ ਮੁਰਦੇ ਨੂੰ ਦੱਬਣ ਵੇਲੇ ਦੀ ਨਮਾਜ਼ ਪੜ੍ਹੀਦੀ ਹੈ, ਕੋਈ ਭੀ (ਮੈਨੂੰ ਇਥੇ) ਰੱਖ ਨਹੀਂ ਸਕਦਾ ।੨।

(ਸਾਰੀ ਜ਼ਿੰਦਗੀ) ਮੈਂ ਰਾਤ ਦਿਨ ਲਾਲਚ ਵਿਚ ਹੀ ਫਿਰਦਾ ਰਿਹਾ, ਮੈਂ ਬਦੀ ਦੇ ਹੀ ਖ਼ਿਆਲ ਕਰਦਾ ਰਿਹਾ । ਮੈਂ ਕਦੇ ਕੋਈ ਨੇਕੀ ਦਾ ਕੰਮ ਨਹੀਂ ਕੀਤਾ । (ਹੇ ਕਰਤਾਰ!) ਮੇਰਾ ਇਹੋ ਜਿਹਾ ਹਾਲ ਹੈ ।੩।

(ਹੇ ਕਰਤਾਰ!) ਮੇਰੇ ਵਰਗਾ (ਦੁਨੀਆ ਵਿਚ) ਕੋਈ ਨਿਭਾਗਾ, ਨਿੰਦਕ, ਲਾ-ਪਰਵਾਹ, ਢੀਠ ਤੇ ਨਿਡਰ ਨਹੀਂ ਹੈ (ਪਰ ਤੇਰਾ) ਦਾਸ ਨਾਨਕ ਤੈਨੂੰ ਆਖਦਾ ਹੈ ਕਿ (ਮੇਹਰ ਕਰ, ਮੈਨੂੰ) ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਮਿਲੇ ।੪।੧।

ਤਿਲੰਗ ਮਹਲਾ ੧ ਘਰੁ ੨
ੴ ਸਤਿਗੁਰ ਪ੍ਰਸਾਦਿ ॥ ਭਉ ਤੇਰਾ ਭਾਂਗ ਖਲੜੀ ਮੇਰਾ ਚੀਤੁ ॥ ਮੈ ਦੇਵਾਨਾ ਭਇਆ ਅਤੀਤੁ ॥ ਕਰ ਕਾਸਾ ਦਰਸਨ ਕੀ ਭੂਖ ॥ ਮੈ ਦਰਿ ਮਾਗਉ ਨੀਤਾ ਨੀਤ ॥੧॥ ਤਉ ਦਰਸਨ ਕੀ ਕਰਉ ਸਮਾਇ ॥ ਮੈ ਦਰਿ ਮਾਗਤੁ ਭੀਖਿਆ ਪਾਇ ॥੧॥ ਰਹਾਉ ॥ ਕੇਸਰਿ ਕੁਸਮ ਮਿਰਗਮੈ ਹਰਣਾ ਸਰਬ ਸਰੀਰੀ ਚੜ੍ਹਣਾ ॥ ਚੰਦਨ ਭਗਤਾ ਜੋਤਿ ਇਨੇਹੀ ਸਰਬੇ ਪਰਮਲੁ ਕਰਣਾ ॥੨॥ ਘਿਅ ਪਟ ਭਾਂਡਾ ਕਹੈ ਨ ਕੋਇ ॥ ਐਸਾ ਭਗਤੁ ਵਰਨ ਮਹਿ ਹੋਇ ॥ ਤੇਰੈ ਨਾਮਿ ਨਿਵੇ ਰਹੇ ਲਿਵ ਲਾਇ ॥ ਨਾਨਕ ਤਿਨ ਦਰਿ ਭੀਖਿਆ ਪਾਇ ॥੩॥੧॥੨॥ {ਪੰਨਾ ੭੨੧}

ਪਦ ਅਰਥ :—ਭਉ—ਡਰ, ਅਦਬ । ਭਾਂਗ—ਭੰਗ । ਖਲੜੀ—ਗੁੱਥੀ । ਦੇਵਾਨਾ—ਨਸ਼ਈ, ਮਸਤਾਨਾ । ਅਤੀਤੁ—ਵਿਰਕਤ । ਕਰ—ਦੋਵੇਂ ਹੱਥ । ਕਾਸਾ—ਪਿਆਲਾ । ਦਰਿ—(ਤੇਰੇ) ਦਰ ਤੇ । ਮਾਗਉ—ਮੈਂ ਮੰਗਦਾ ਹਾਂ । ਨੀਤਾ ਨੀਤ—ਸਦਾ ਹੀ ।੧।

ਤਉ—ਤੇਰਾ । ਕਰਉ—ਮੈਂ ਕਰਦਾ ਹਾਂ । ਸਮਾਇ—ਸਦਾਅ, ਆਵਾਜ਼ਾ । ਮਾਗਤੁ—ਮੰਗਤਾ । ਪਾਇ—ਦੇਹ ।੧।ਰਹਾਉ।

ਕੁਸਮ—ਫੁੱਲ । ਮਿਰਗਮੈ—ਮਿਰਗ-ਮਦ, ਕਸਤੂਰੀ । ਹਰਣਾ—{ਹਿਜ਼ਰਫ਼ਯ} ਸੋਨਾ । ਸਰੀਰੀ—ਸਰੀਰਾਂ ਤੇ । ਜੋਤਿ—ਸੁਭਾਉ । ਇਨੇਹੀ—ਇਹੋ ਜੇਹੀ । ਪਰਮਲੁ—ਸੁਗੰਧੀ ।੨।

ਘਿਅ ਭਾਂਡਾ—ਘਿਉ ਦਾ ਭਾਂਡਾ । ਪਟ—ਰੇਸ਼ਮ । ਕਹੈ ਨ ਕੋਇ—ਕੋਈ ਪੁੱਛ ਨਹੀਂ ਕਰਦਾ । ਵਰਨ ਮਹਿ—(ਭਾਵੇਂ ਕਿਸੇ ਹੀ) ਜਾਤਿ ਵਿਚ । ਤੇਰੈ ਨਾਮਿ—ਤੇਰੇ ਨਾਮ ਵਿਚ । ਨਿਵੇ—ਨਿਵੇਂ ਹੋਏ, ਨਿਮ੍ਰਤਾ ਵਾਲੇ । ਤਿਨ ਦਰਿ—ਉਹਨਾਂ ਦੇ ਦਰ ਤੇ । ਭੀਖਿਆ—ਖ਼ੈਰ ।੩।

ਨੋਟ :—ਅੰਕ ੩ ਤੋਂ ਅਗਲਾ ਅੰਕ ੧ ਦੱਸਦਾ ਹੈ ਕਿ ਇਹ ਸ਼ਬਦ "ਘਰੁ ੨" ਦਾ ਪਹਿਲਾ ਸ਼ਬਦ ਹੈ ।

ਅਰਥ :—(ਹੇ ਪ੍ਰਭੂ!) ਮੈਂ ਤੇਰੇ ਦਰ ਤੇ ਮੰਗਤਾ ਹਾਂ, ਮੈਂ ਤੇਰੇ ਦੀਦਾਰ ਦੀ ਸਦਾਅ ਕਰਦਾ ਹਾਂ, ਮੈਨੂੰ (ਆਪਣੇ ਦੀਦਾਰ ਦਾ) ਖ਼ੈਰ ਪਾ ।੧।ਰਹਾਉ।

ਤੇਰਾ ਡਰ ਅਦਬ ਮੇਰੇ ਵਾਸਤੇ ਭੰਗ ਹੈ, ਮੇਰਾ ਮਨ (ਇਸ ਭੰਗ ਨੂੰ ਸਾਂਭ ਕੇ ਰੱਖਣ ਲਈ) ਗੁੱਥੀ ਹੈ । (ਤੇਰੇ ਡਰ-ਅਦਬ ਦੀ ਭੰਗ ਨਾਲ) ਮੈਂ ਨਸ਼ਈ ਤੇ ਵਿਰਕਤ ਹੋ ਗਿਆ ਹਾਂ । ਮੇਰੇ ਦੋਵੇਂ ਹੱਥ (ਤੇਰੇ ਦਰ ਤੋਂ ਖ਼ੈਰ ਲੈਣ ਵਾਸਤੇ) ਪਿਆਲਾ ਹਨ, (ਮੇਰੇ ਆਤਮਾ ਨੂੰ ਤੇਰੇ) ਦੀਦਾਰ ਦੀ ਭੁੱਖ (ਲੱਗੀ ਹੋਈ) ਹੈ, (ਇਸ ਵਾਸਤੇ) ਮੈਂ (ਤੇਰੇ) ਦਰ ਤੇ ਸਦਾ (ਦੀਦਾਰ ਦੀ ਮੰਗ ਹੀ) ਮੰਗਦਾ ਹਾਂ ।੧।

ਕੇਸਰ, ਫੁੱਲ, ਕਸਤੂਰੀ ਤੇ ਸੋਨਾ (ਇਹਨਾਂ ਦੀ ਭਿੱਟ ਕੋਈ ਨਹੀਂ ਮੰਨਦਾ, ਇਹ) ਸਭਨਾਂ ਦੇ ਸਰੀਰਾਂ ਤੇ ਵਰਤੇ ਜਾਂਦੇ ਹਨ । ਚੰਦਨ ਸਭ ਨੂੰ ਸੁਗੰਧੀ ਦੇਂਦਾ ਹੈ, ਅਜੇਹਾ ਹੀ ਸੁਭਾਉ (ਤੇਰੇ) ਭਗਤਾਂ ਦਾ ਹੈ ।੨।

ਰੇਸ਼ਮ ਤੇ ਘਿਉ ਦੇ ਭਾਂਡੇ ਬਾਰੇ ਕਦੇ ਕੋਈ ਮਨੁੱਖ ਪੁੱਛ ਨਹੀਂ ਕਰਦਾ (ਕਿ ਇਹਨਾਂ ਨੂੰ ਕਿਸ ਕਿਸ ਦਾ ਹੱਥ ਲੱਗ ਚੁਕਾ ਹੈ) । (ਹੇ ਪ੍ਰਭੂ! ਤੇਰਾ) ਭਗਤ ਭੀ ਅਜੇਹਾ ਹੀ ਹੁੰਦਾ ਹੈ, ਭਾਵੇਂ ਉਹ ਕਿਸੇ ਹੀ ਜਾਤਿ ਵਿਚ (ਜੰਮਿਆ) ਹੋਵੇ ।

ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ—ਹੇ ਪ੍ਰਭੂ!) ਜੋ ਬੰਦੇ ਤੇਰੇ ਨਾਮ ਵਿਚ ਲੀਨ ਰਹਿੰਦੇ ਹਨ ਲਿਵ ਲਾਈ ਰੱਖਦੇ ਹਨ, ਉਹਨਾਂ ਦੇ ਦਰ ਤੇ (ਰੱਖ ਕੇ ਮੈਨੂੰ ਆਪਣੇ ਦਰਸਨ ਦਾ) ਖ਼ੈਰ ਪਾ ।੩।੧।੨।

ਤਿਲੰਗ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਇਹੁ ਤਨੁ ਮਾਇਆ ਪਾਹਿਆ ਪਿਆਰੇ ਲੀਤੜਾ ਲਬਿ ਰੰਗਾਏ ॥ ਮੇਰੈ ਕੰਤ ਨ ਭਾਵੈ ਚੋਲੜਾ ਪਿਆਰੇ ਕਿਉ ਧਨ ਸੇਜੈ ਜਾਏ ॥੧॥ ਹੰਉ ਕੁਰਬਾਨੈ ਜਾਉ ਮਿਹਰਵਾਨਾ ਹੰਉ ਕੁਰਬਾਨੈ ਜਾਉ ॥ ਹੰਉ ਕੁਰਬਾਨੈ ਜਾਉ ਤਿਨਾ ਕੈ ਲੈਨਿ ਜੋ ਤੇਰਾ ਨਾਉ ॥ ਲੈਨਿ ਜੋ ਤੇਰਾ ਨਾਉ ਤਿਨਾ ਕੈ ਹੰਉ ਸਦ ਕੁਰਬਾਨੈ ਜਾਉ ॥੧॥ ਰਹਾਉ ॥ ਕਾਇਆ ਰੰਙਣਿ ਜੇ ਥੀਐ ਪਿਆਰੇ ਪਾਈਐ ਨਾਉ ਮਜੀਠ ॥ ਰੰਙਣ ਵਾਲਾ ਜੇ ਰੰਙੈ ਸਾਹਿਬੁ ਐਸਾ ਰੰਗੁ ਨ ਡੀਠ ॥੨॥ ਜਿਨ ਕੇ ਚੋਲੇ ਰਤੜੇ ਪਿਆਰੇ ਕੰਤੁ ਤਿਨਾ ਕੈ ਪਾਸਿ ॥ ਧੂੜਿ ਤਿਨਾ ਕੀ ਜੇ ਮਿਲੈ ਜੀ ਕਹੁ ਨਾਨਕ ਕੀ ਅਰਦਾਸਿ ॥੩॥ ਆਪੇ ਸਾਜੇ ਆਪੇ ਰੰਗੇ ਆਪੇ ਨਦਰਿ ਕਰੇਇ ॥ ਨਾਨਕ ਕਾਮਣਿ ਕੰਤੈ ਭਾਵੈ ਆਪੇ ਹੀ ਰਾਵੇਇ ॥੪॥੧॥੩॥ {ਪੰਨਾ ੭੨੧-੭੨੨}

ਪਦ ਅਰਥ :—ਮਾਇਆ ਪਾਹਿਆ—ਮਾਇਆ ਨਾਲ ਪਾਹਿਆ ਗਿਆ ਹੈ । ਪਾਹਿਆ—ਪਾਹ ਲੱਗੀ ਹੋਈ ਹੈ । ਪਾਹ—ਲਾਗ । {ਨੋਟ :—ਕਪੜੇ ਨੂੰ ਕੋਈ ਪੱਕਾ ਰੰਗ ਚਾੜ੍ਹਨ ਤੋਂ ਪਹਿਲਾਂ ਲੂਣ ਫਟਕੜੀ ਜਾਂ ਸੋਡੇ ਦੀ ਲਾਗ ਦੇਈਦੀ ਹੈ । ਸੋਡਾ, ਲੂਣ ਜਾਂ ਫਟਕੜੀ ਪਾਣੀ ਵਿਚ ਰਿੰਨ੍ਹ ਕੇ ਕੱਪੜਾ ਉਸ ਵਿਚ ਡੋਬਿਆ ਜਾਂਦਾ ਹੈ; ਫਿਰ ਰੰਗ ਪਾਣੀ ਵਿਚ ਰਿੰਨ੍ਹ ਕੇ ਉਹ ਲਾਗ ਵਾਲਾ ਕੱਪੜਾ ਉਸ ਵਿਚ ਪਾ ਦੇਈਦਾ ਹੈ} । ਲਬਿ—ਲੱਬ ਨਾਲ, ਜੀਭ ਦੇ ਚਸਕੇ ਨਾਲ । ਲਬੁ—ਜੀਭ ਦਾ ਚਸਕਾ । ਰੰਗਾਏ ਲੀਤੜਾ—ਰੰਗਾਇ ਲਿਆ ਹੈ । ਚੋਲਾ—ਜਿੰਦ ਦਾ ਚੋਲਾ, ਸਰੀਰ । ਚੋਲੜਾ—ਕੋਝਾ ਚੋਲਾ । ਮੇਰੈ ਕੰਤ—ਮੇਰੇ ਖਸਮ ਨੂੰ । ਭਾਵੈ—ਚੰਗਾ ਲੱਗਦਾ । ਧਨ—ਇਸਤ੍ਰੀ, ਜੀਵ-ਇਸਤ੍ਰੀ । ਸੇਜੈ—(ਪ੍ਰਭੂ ਦੀ) ਸੇਜ ਉਤੇ, ਪ੍ਰਭੂ ਦੇ ਚਰਨਾਂ ਵਿਚ । ਜਾਏ—ਪਹੁੰਚੇ ।੧।

ਮਿਹਰਵਾਨਾ—ਹੇ ਮਿਹਰਵਾਨ ਪ੍ਰਭੂ ! ਹੰਉ—ਮੈਂ । ਤਿਨਾ ਕੈ—ਉਹਨਾਂ ਤੋਂ । ਲੈਨਿ—ਲੈਂਦੇ ਹਨ । ਸਦ—ਸਦਾ ।੧।ਰਹਾਉ।

ਕਾਇਆ—ਸਰੀਰ । ਰੰਙਣਿ—ਉਹ ਖੁਲ੍ਹਾ ਭਾਂਡਾ ਜਿਸ ਵਿਚ ਨੀਲਾਰੀ ਕੱਪੜੇ ਰੰਗਦਾ ਹੈ, ਮੱਟ, ਮੱਟੀ । ਥੀਐ—ਬਣ ਜਾਏ । ਮਜੀਠ—{ਨੋਟ :—ਲੋਕ ਮਜੀਠ ਰਿੰਨ੍ਹ ਕੇ ਕੱਪੜੇ ਰੰਗਦੇ ਸਨ । ਇਹ ਰੰਗ ਪੱਕਾ ਹੁੰਦਾ ਸੀ} । ਸਾਹਿਬੁ—ਮਾਲਿਕ-ਪ੍ਰਭੂ ।੨।

ਰਤੜੇ—ਰੰਗੇ ਹੋਏ । ਕਹੁ—ਆਖ । ਅਰਦਾਸਿ—ਬੇਨਤੀ ।੩।

ਸਾਜੇ—ਸਵਾਰਦਾ ਹੈ । ਨਦਰਿ—ਮਿਹਰ ਦੀ ਨਜ਼ਰ । ਕਰੇਇ—ਕਰਦਾ ਹੈ, ਕਰੈ । ਕਾਮਣਿ—ਇਸਤ੍ਰੀ, ਜੀਵ-ਇਸਤ੍ਰੀ । ਰਾਵੇਇ—ਮਾਣਦਾ ਹੈ, ਆਪਣੇ ਨਾਲ ਮਿਲਾਂਦਾ ਹੈ ।੪।

ਨੋਟ :—ਅੰਕ ੪ ਤੋਂ ਅਗਲਾ ਅੰਕ ੧ ਦੱਸਦਾ ਹੈ ਕਿ 'ਘਰੁ ੩' ਦਾ ਇਹ ਪਹਿਲਾ ਸ਼ਬਦ ਹੈ ।

ਅਰਥ :—ਹੇ ਮਿਹਰਬਾਨ ਪ੍ਰਭੂ ! ਮੈਂ ਕੁਰਬਾਨ ਜਾਂਦਾ ਹਾਂ ਮੈਂ ਸਦਕੇ ਜਾਂਦਾ ਹਾਂ, ਮੈਂ ਵਰਨੇ ਜਾਂਦਾ ਹਾਂ ਉਹਨਾਂ ਤੋਂ ਜੋ ਤੇਰਾ ਨਾਮ ਸਿਮਰਦੇ ਹਨ । ਜੋ ਬੰਦੇ ਤੇਰਾ ਨਾਮ ਲੈਂਦੇ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ ।੧।ਰਹਾਉ।

ਜਿਸ ਜੀਵ-ਇਸਤ੍ਰੀ ਦੇ ਇਸ ਸਰੀਰ ਨੂੰ ਮਾਇਆ (ਦੇ ਮੋਹ) ਦੀ ਪਾਹ ਲੱਗੀ ਹੋਵੇ, ਤੇ ਫਿਰ ਉਸ ਨੇ ਇਸ ਨੂੰ ਲੱਬ ਨਾਲ ਰੰਗਾ ਲਿਆ ਹੋਵੇ, ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਦੇ ਚਰਨਾਂ ਵਿਚ ਨਹੀਂ ਪਹੁੰਚ ਸਕਦੀ, ਕਿਉਂਕਿ (ਜਿੰਦ ਦਾ) ਇਹ ਚੋਲਾ (ਇਹ ਸਰੀਰ, ਇਹ ਜੀਵਨ) ਖਸਮ-ਪ੍ਰਭੂ ਨੂੰ ਪਸੰਦ ਨਹੀਂ ਆਉਂਦਾ ।੧।

(ਪਰ, ਹਾਂ !) ਜੇ ਇਹ ਸਰੀਰ (ਨੀਲਾਰੀ ਦੀ) ਮੱਟੀ ਬਣ ਜਾਏ, ਤੇ ਹੇ ਸੱਜਣ ! ਜੇ ਇਸ ਵਿਚ ਮਜੀਠ ਵਰਗੇ ਪੱਕੇ ਰੰਗ ਵਾਲਾ ਪ੍ਰਭੂ ਦਾ ਨਾਮ-ਰੰਗ ਪਾਇਆ ਜਾਏ, ਫਿਰ ਮਾਲਿਕ-ਪ੍ਰਭੂ ਆਪ ਨੀਲਾਰੀ (ਬਣ ਕੇ ਜੀਵ-ਇਸਤ੍ਰੀ ਦੇ ਮਨ ਨੂੰ) ਰੰਗ (ਦਾ ਡੋਬਾ) ਦੇਵੇ, ਤਾਂ ਅਜੇਹਾ ਰੰਗ ਚੜ੍ਹਦਾ ਹੈ ਜੋ ਕਦੇ ਪਹਿਲਾਂ ਵੇਖਿਆ ਨਾਹ ਹੋਵੇ ।੨।

ਹੇ ਪਿਆਰੇ (ਸੱਜਣ !) ਜਿਨ੍ਹਾਂ ਜੀਵ-ਇਸਤ੍ਰੀਆਂ ਦੇ (ਸਰੀਰ-) ਚੋਲੇ (ਜੀਵਨ ਨਾਮ-ਰੰਗ ਨਾਲ) ਰੰਗੇ ਗਏ ਹਨ, ਖਸਮ-ਪ੍ਰਭੂ (ਸਦਾ) ਉਹਨਾਂ ਦੇ ਕੋਲ (ਵੱਸਦਾ) ਹੈ । ਹੇ ਸੱਜਣ ! ਨਾਨਕ ਵਲੋਂ ਉਹਨਾਂ ਪਾਸ ਬੇਨਤੀ ਕਰ, ਭਲਾ ਕਿਤੇ ਨਾਨਕ ਨੂੰ ਉਹਨਾਂ ਦੇ ਚਰਨਾਂ ਦੀ ਧੂੜ ਮਿਲ ਜਾਏ ।੩।

ਹੇ ਨਾਨਕ ! ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ ਆਪ ਮਿਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਉਹ ਆਪ ਹੀ ਸੰਵਾਰਦਾ ਹੈ ਆਪ ਹੀ (ਨਾਮ ਦਾ) ਰੰਗ ਚਾੜ੍ਹਦਾ ਹੈ, ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਉਸ ਨੂੰ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ ।੪।੧।੩।

ਤਿਲੰਗ ਮਃ ੧ ॥ ਇਆਨੜੀਏ ਮਾਨੜਾ ਕਾਇ ਕਰੇਹਿ ॥ ਆਪਨੜੈ ਘਰਿ ਹਰਿ ਰੰਗੋ ਕੀ ਨ ਮਾਣੇਹਿ ॥ ਸਹੁ ਨੇੜੈ ਧਨ ਕੰਮਲੀਏ ਬਾਹਰੁ ਕਿਆ ਢੂਢੇਹਿ ॥ ਭੈ ਕੀਆ ਦੇਹਿ ਸਲਾਈਆ ਨੈਣੀ ਭਾਵ ਕਾ ਕਰਿ ਸੀਗਾਰੋ ॥ ਤਾ ਸੋਹਾਗਣਿ ਜਾਣੀਐ ਲਾਗੀ ਜਾ ਸਹੁ ਧਰੇ ਪਿਆਰੋ ॥੧॥ ਇਆਣੀ ਬਾਲੀ ਕਿਆ ਕਰੇ ਜਾ ਧਨ ਕੰਤ ਨ ਭਾਵੈ ॥ ਕਰਣ ਪਲਾਹ ਕਰੇ ਬਹੁਤੇਰੇ ਸਾ ਧਨ ਮਹਲੁ ਨ ਪਾਵੈ ॥ ਵਿਣੁ ਕਰਮਾ ਕਿਛੁ ਪਾਈਐ ਨਾਹੀ ਜੇ ਬਹੁਤੇਰਾ ਧਾਵੈ ॥ ਲਬ ਲੋਭ ਅਹੰਕਾਰ ਕੀ ਮਾਤੀ ਮਾਇਆ ਮਾਹਿ ਸਮਾਣੀ ॥ ਇਨੀ ਬਾਤੀ ਸਹੁ ਪਾਈਐ ਨਾਹੀ ਭਈ ਕਾਮਣਿ ਇਆਣੀ ॥੨॥ ਜਾਇ ਪੁਛਹੁ ਸੋਹਾਗਣੀ ਵਾਹੈ ਕਿਨੀ ਬਾਤੀ ਸਹੁ ਪਾਈਐ ॥ ਜੋ ਕਿਛੁ ਕਰੇ ਸੋ ਭਲਾ ਕਰਿ ਮਾਨੀਐ ਹਿਕਮਤਿ ਹੁਕਮੁ ਚੁਕਾਈਐ ॥ ਜਾ ਕੈ ਪ੍ਰੇਮਿ ਪਦਾਰਥੁ ਪਾਈਐ ਤਉ ਚਰਣੀ ਚਿਤੁ ਲਾਈਐ ॥ ਸਹੁ ਕਹੈ ਸੋ ਕੀਜੈ ਤਨੁ ਮਨੋ ਦੀਜੈ ਐਸਾ ਪਰਮਲੁ ਲਾਈਐ ॥ ਏਵ ਕਹਹਿ ਸੋਹਾਗਣੀ ਭੈਣੇ ਇਨੀ ਬਾਤੀ ਸਹੁ ਪਾਈਐ ॥੩॥ ਆਪੁ ਗਵਾਈਐ ਤਾ ਸਹੁ ਪਾਈਐ ਅਉਰੁ ਕੈਸੀ ਚਤੁਰਾਈ ॥ ਸਹੁ ਨਦਰਿ ਕਰਿ ਦੇਖੈ ਸੋ ਦਿਨੁ ਲੇਖੈ ਕਾਮਣਿ ਨਉਨਿਧਿ ਪਾਈ ॥ ਆਪਣੇ ਕੰਤ ਪਿਆਰੀ ਸਾ ਸੋਹਾਗਣਿ ਨਾਨਕ ਸਾ ਸਭਰਾਈ ॥ ਐਸੇ ਰੰਗਿ ਰਾਤੀ ਸਹਜ ਕੀ ਮਾਤੀ ਅਹਿਨਿਸਿ ਭਾਇ ਸਮਾਣੀ ॥ ਸੁੰਦਰਿ ਸਾਇ ਸਰੂਪ ਬਿਚਖਣਿ ਕਹੀਐ ਸਾ ਸਿਆਣੀ ॥੪॥੨॥੪॥ {ਪੰਨਾ ੭੨੨}

ਪਦ ਅਰਥ :—ਇਆਨੀ—ਅੰਞਾਣ ਕੁੜੀ । ਇਆਨੜੀ—ਬਹੁਤ ਅੰਞਾਣ ਕੁੜੀ । ਇਆਨੜੀਏ—ਹੇ ਬਹੁਤ ਅੰਞਾਣ ਜਿੰਦੇ ! ਮਾਨੜਾ—ਕੋਝਾ ਮਾਣ । ਕਾਇ—ਕਿਉਂ ? ਕਰੇਹਿ—ਤੂੰ ਕਰਦੀ ਹੈਂ । ਘਰਿ—ਘਰ ਵਿਚ, ਹਿਰਦੇ ਵਿਚ । ਰੰਗੋ—ਰੰਗੁ, ਆਨੰਦ । ਕੀ—ਕਿਉਂ ? ਧਨ ਕੰਮਲੀਏ—ਹੇ ਭੋਲੀ ਜੀਵ-ਇਸਤ੍ਰੀਏ ! ਬਾਹਰੁ—ਬਾਹਰਲਾ ਜਗਤ {ਨੋਟ :—'ਬਾਹਰਿ' ਅਤੇ 'ਬਾਹਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਭਾਵ ਕਾ—ਪ੍ਰੇਮ ਦਾ । ਸਲਾਈ—ਸੁਰਮਚੂ

ਜਿਸ ਨਾਲ ਅੱਖਾਂ ਵਿਚ ਸੁਰਮਾ ਪਾਈਦਾ ਹੈ । ਲਾਗੀ—ਲੱਗੀ ਹੋਈ, ਜੁੜੀ ਹੋਈ ।੧।

ਕਿਆ ਕਰੇ—ਕੀਹ ਕਰ ਸਕਦੀ ਹੈ? ਕੰਤ ਨ ਭਾਵੈ—ਕੰਤ ਨੂੰ ਚੰਗੀ ਨਾਹ ਲੱਗੇ । ਕਰਣ ਪਲਾਹ—{ਕ}ਣਾਪ੍ਰਲਾਪ} ਤਰਲੇ, ਕੀਰਨੇ । ਸਾਧਨ—ਜੀਵ-ਇਸਤ੍ਰੀ । ਕਰਮਾ—ਕਰਮ, ਬਖ਼ਸ਼ਸ਼ । ਧਾਵੈ—ਦੌੜ-ਭੱਜ ਕਰੇ । ਮਾਤੀ—ਮੱਤੀ ਹੋਈ, ਮਸਤ । ਇਨੀ ਬਾਤੀ—ਇਹਨਾਂ ਗੱਲਾਂ ਨਾਲ । ਕਾਮਣਿ—ਇਸਤ੍ਰੀ ।੨।

ਵਾਹੈ—ਉਹਨਾਂ ਨੂੰ । ਹਿਕਮਤਿ—ਚਲਾਕੀ । ਹੁਕਮੁ—ਧੱਕਾ, ਵਧੀਕੀ, ਜ਼ੋਰਾਵਰੀ । ਜਾ ਕੈ ਪ੍ਰੇਮਿ—ਜਿਸ ਦੇ ਪ੍ਰੇਮ ਦੀ ਰਾਹੀਂ । ਤਉ—ਉਸ ਦੀ । ਮਨੋ—ਮਨੁ । ਪਰਮਲੁ—ਸੁਗੰਧੀ । ਏਵ—ਇਸ ਤਰ੍ਹਾਂ । ਕਹਹਿ—ਕਹਿੰਦੀਆਂ ਹਨ ।੩।

ਆਪੁ—ਆਪਾ-ਭਾਵ । ਅਉਰੁ—ਕੋਈ ਹੋਰ ਉੱਦਮ । ਕੈਸੀ ਚਤੁਰਾਈ—ਵਿਅਰਥ ਚਲਾਕੀ । ਲੇਖੈ—ਲੇਖੇ ਵਿਚ, ਸਫਲ । ਨਉਨਿਧਿ—ਨੌ ਖ਼ਜ਼ਾਨੇ । ਸਭਰਾਈ—ਭਰਾਵਾਂ ਵਾਲੀ, ਸਾਰੇ ਪਰਵਾਰ ਵਿਚ ਆਦਰ ਵਾਲੀ । ਰੰਗਿ—ਰੰਗ ਵਿਚ । ਰਾਤੀ—ਰੱਤੀ ਹੋਈ, ਰੰਗੀ ਹੋਈ । ਅਹਿ—ਦਿਨ । ਨਿਸਿ—ਰਾਤ । ਭਾਇ—ਭਾਉ ਵਿਚ, ਪ੍ਰੇਮ ਵਿਚ । ਸੁੰਦਰਿ—ਸੁੰਦਰੀ, ਸੋਹਣੀ । ਸਾਈ—ਉਹੀ ਇਸਤ੍ਰੀ । ਸਰੂਪ—ਰੂਪ ਵਾਲੀ । ਬਿਚਖਣਿ—ਅਕਲ ਵਾਲੀ {ਵਿਚ੍ਣ—ਤੀਖਣ-ਬੁਧਿ} । ਸਾ—ਉਹ ਇਸਤ੍ਰੀ ।੪।

ਅਰਥ :—ਹੇ ਬਹੁਤ ਅੰਞਾਣ ਜਿੰਦੇ! ਇਤਨਾ ਕੋਝਾ ਮਾਣ ਤੂੰ ਕਿਉਂ ਕਰਦੀ ਹੈਂ? ਪਰਮਾਤਮਾ ਤੇਰੇ ਆਪਣੇ ਹੀ ਹਿਰਦੇ-ਘਰ ਵਿਚ ਹੈ, ਤੂੰ ਉਸ (ਦੇ ਮਿਲਾਪ) ਦਾ ਆਨੰਦ ਕਿਉਂ ਨਹੀਂ ਮਾਣਦੀ? ਹੇ ਭੋਲੀ ਜੀਵ-ਇਸਤ੍ਰੀਏ! ਪਤੀ-ਪ੍ਰਭੂ (ਤੇਰੇ ਅੰਦਰ ਹੀ ਤੇਰੇ) ਨੇੜੇ ਵੱਸ ਰਿਹਾ ਹੈ, ਤੂੰ (ਜੰਗਲ ਆਦਿਕ) ਬਾਹਰਲਾ ਸੰਸਾਰ ਕਿਉਂ ਭਾਲਦੀ ਫਿਰਦੀ ਹੈਂ? (ਜੇ ਤੂੰ ਉਸ ਦਾ ਦੀਦਾਰ ਕਰਨਾ ਹੈ, ਤਾਂ ਆਪਣੀਆਂ ਗਿਆਨ ਦੀਆਂ) ਅੱਖਾਂ ਵਿਚ (ਪ੍ਰਭੂ ਦੇ) ਡਰ-ਅਦਬ (ਦੇ ਸੁਰਮੇ) ਦੀਆਂ ਸਲਾਈਆਂ ਪਾ, ਪ੍ਰਭੂ ਦੇ ਪਿਆਰ ਦਾ ਹਾਰ-ਸਿੰਗਾਰ ਕਰ ।

ਜੀਵ-ਇਸਤ੍ਰੀ ਤਦੋਂ ਹੀ ਸੋਹਾਗ ਭਾਗ ਵਾਲੀ ਤੇ ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਸਮਝੀ ਜਾਂਦੀ ਹੈ, ਜਦੋਂ ਪ੍ਰਭੂ-ਪਤੀ ਉਸ ਨਾਲ ਪਿਆਰ ਕਰੇ ।੧।

(ਪਰ) ਅੰਞਾਣ ਜੀਵ-ਇਸਤ੍ਰੀ ਭੀ ਕੀਹ ਕਰ ਸਕਦੀ ਹੈ ਜੇ ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਚੰਗੀ ਹੀ ਨਾਹ ਲੱਗੇ? ਅਜੇਹੀ ਜੀਵ-ਇਸਤ੍ਰੀ ਭਾਵੇਂ ਕਿਤਨੇ ਹੀ ਤਰਲੇ ਪਈ ਕਰੇ, ਉਹ ਪਤੀ-ਪ੍ਰਭੂ ਦਾ ਮਹਲ-ਘਰ ਲੱਭ ਹੀ ਨਹੀਂ ਸਕਦੀ । (ਅਸਲ ਗੱਲ ਇਹ ਹੈ ਕਿ) ਜੀਵ-ਇਸਤ੍ਰੀ ਭਾਵੇਂ ਕਿਤਨੀ ਹੀ ਦੌੜ-ਭੱਜ ਕਰੇ, ਪ੍ਰਭੂ ਦੀ ਮੇਹਰ ਦੀ ਨਜ਼ਰ ਤੋਂ ਬਿਨਾ ਕੁਝ ਭੀ ਹਾਸਲ ਨਹੀਂ ਹੁੰਦਾ ।

ਜੇ ਜੀਵ-ਇਸਤ੍ਰੀ ਜੀਭ ਦੇ ਚਸਕੇ ਲਾਲਚ ਤੇ ਅਹੰਕਾਰ (ਆਦਿਕ) ਵਿਚ ਹੀ ਮਸਤ ਰਹੇ, ਅਤੇ ਸਦਾ ਮਾਇਆ (ਦੇ ਮੋਹ) ਵਿਚ ਡੁੱਬੀ ਰਹੇ, ਤਾਂ ਇਹਨੀਂ ਗੱਲੀਂ ਖਸਮ ਪ੍ਰਭੂ ਨਹੀਂ ਮਿਲਦਾ । ਉਹ ਜੀਵ-ਇਸਤ੍ਰੀ ਅੰਞਾਣ ਹੀ ਰਹੀ (ਜੋ ਵਿਕਾਰਾਂ ਵਿਚ ਭੀ ਮਸਤ ਰਹੇ ਤੇ ਫਿਰ ਭੀ ਸਮਝੇ ਕਿ ਉਹ ਪਤੀ-ਪ੍ਰਭੂ ਨੂੰ ਪ੍ਰਸੰਨ ਕਰ ਸਕਦੀ ਹੈ) ।੨।

(ਜਿਨ੍ਹਾਂ ਨੂੰ ਪਤੀ-ਪ੍ਰਭੂ ਮਿਲ ਪਿਆ ਹੈ, ਬੇਸ਼ਕ) ਉਹਨਾਂ ਸੁਹਾਗ ਭਾਗ ਵਾਲੀਆਂ ਨੂੰ ਜਾ ਕੇ ਪੁੱਛ ਵੇਖੋ ਕਿ ਕਿਹਨੀਂ ਗੱਲੀਂ ਖਸਮ-ਪ੍ਰਭੂ ਮਿਲਦਾ ਹੈ, (ਉਹ ਇਹੀ ਉੱਤਰ ਦੇਂਦੀਆਂ ਹਨ ਕਿ) ਚਲਾਕੀ ਤੇ ਧੱਕਾ ਛੱਡ ਦਿਉ, ਜੋ ਕੁਝ ਪ੍ਰਭੂ ਕਰਦਾ ਹੈ ਉਸ ਨੂੰ ਚੰਗਾ ਸਮਝ ਕੇ (ਸਿਰ ਮੱਥੇ ਤੇ) ਮੰਨੋ, ਜਿਸ ਪ੍ਰਭੂ ਦੇ ਪ੍ਰੇਮ ਦਾ ਸਦਕਾ ਨਾਮ-ਵਸਤ ਮਿਲਦੀ ਹੈ ਉਸ ਦੇ ਚਰਨਾਂ ਵਿਚ ਮਨ ਜੋੜੋ, ਖਸਮ-ਪ੍ਰਭੂ ਜੋ ਹੁਕਮ ਕਰਦਾ ਹੈ ਉਹ ਕਰੋ, ਆਪਣਾ ਸਰੀਰ ਤੇ ਮਨ ਉਸ ਦੇ ਹਵਾਲੇ ਕਰੋ, ਬੱਸ! ਇਹ ਸੁਗੰਧੀ (ਜਿੰਦ ਵਾਸਤੇ) ਵਰਤੋ । ਸੋਹਾਗ ਭਾਗ ਵਾਲੀਆਂ ਇਹੀ ਆਖਦੀਆਂ ਹਨ ਕਿ ਹੇ ਭੈਣ! ਇਹਨੀਂ ਗੱਲੀਂ ਹੀ ਖਸਮ-ਪ੍ਰਭੂ ਮਿਲਦਾ ਹੈ ।੩।

ਖਸਮ-ਪ੍ਰਭੂ ਤਦੋਂ ਹੀ ਮਿਲਦਾ ਹੈ ਜਦੋਂ ਆਪਾ-ਭਾਵ ਦੂਰ ਕਰੀਏ । ਇਸ ਤੋਂ ਬਿਨਾ ਕੋਈ ਹੋਰ ਉੱਦਮ ਵਿਅਰਥ ਚਲਾਕੀ ਹੈ । (ਜ਼ਿੰਦਗੀ ਦਾ) ਉਹ ਦਿਨ ਸਫਲ ਜਾਣੋ ਜਦੋਂ ਪਤੀ-ਪ੍ਰਭੂ ਮੇਹਰ ਦੀ ਨਿਹਾਗ ਨਾਲ ਤੱਕੇ, (ਜਿਸ) ਜੀਵ-ਇਸਤ੍ਰੀ (ਵਲ ਮੇਹਰ ਦੀ) ਨਿਗਾਹ ਕਰਦਾ ਹੈ ਉਹ ਮਾਨੋ ਨੌ ਖ਼ਜ਼ਾਨੇ ਲੱਭ ਲੈਂਦੀ ਹੈ ।

ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਆਪਣੇ ਖਸਮ-ਪ੍ਰਭੂ ਨੂੰ ਪਿਆਰੀ ਹੈ ਉਹ ਸੁਹਾਗ ਭਾਗ ਵਾਲੀ ਹੈ ਉਹ (ਜਗਤ-) ਪਰਵਾਰ ਵਿਚ ਆਦਰ-ਮਾਣ ਪ੍ਰਾਪਤ ਕਰਦੀ ਹੈ । ਜੇਹੜੀ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੀ ਰਹਿੰਦੀ ਹੈ, ਜੇਹੜੀ ਅਡੋਲਤਾ ਵਿਚ ਮਸਤ ਰਹਿੰਦੀ ਹੈ, ਜੇਹੜੀ ਦਿਨ ਰਾਤ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦੀ ਹੈ, ਉਹੀ ਸੋਹਣੀ ਹੈ ਸੋਹਣੇ ਰੂਪ ਵਾਲੀ ਹੈ ਅਕਲ ਵਾਲੀ ਹੈ ਤੇ ਸਿਆਣੀ ਕਹੀ ਜਾਂਦੀ ਹੈ ।੪।੨।੪।

ਤਿਲੰਗ ਮਹਲਾ ੧ ॥ ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ ॥ ਪਾਪ ਕੀ ਜੰਞ ਲੈ ਕਾਬਲਹੁ ਧਾਇਆ ਜੋਰੀ ਮੰਗੈ ਦਾਨੁ ਵੇ ਲਾਲੋ ॥ ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ ॥ ਕਾਜੀਆ ਬਾਮਣਾ ਕੀ ਗਲ ਥਕੀ ਅਗਦੁ ਪੜੈ ਸੈਤਾਨੁ ਵੇ ਲਾਲੋ ॥ ਮੁਸਲਮਾਨੀਆ ਪੜਹਿ ਕਤੇਬਾ ਕਸਟ ਮਹਿ ਕਰਹਿ ਖੁਦਾਇ ਵੇ ਲਾਲੋ ॥ ਜਾਤਿ ਸਨਾਤੀ ਹੋਰਿ ਹਿਦਵਾਣੀਆ ਏਹਿ ਭੀ ਲੇਖੈ ਲਾਇ ਵੇ ਲਾਲੋ ॥ ਖੂਨ ਕੇ ਸੋਹਿਲੇ ਗਾਵੀਅਹਿ ਨਾਨਕ ਰਤੁ ਕਾ ਕੁੰਗੂ ਪਾਇ ਵੇ ਲਾਲੋ ॥੧॥ ਸਾਹਿਬ ਕੇ ਗੁਣ ਨਾਨਕੁ ਗਾਵੈ ਮਾਸ ਪੁਰੀ ਵਿਚਿ ਆਖੁ ਮਸੋਲਾ ॥ ਜਿਨਿ ਉਪਾਈ ਰੰਗਿ ਰਵਾਈ ਬੈਠਾ ਵੇਖੈ ਵਖਿ ਇਕੇਲਾ ॥ ਸਚਾ ਸੋ ਸਾਹਿਬੁ ਸਚੁ ਤਪਾਵਸੁ ਸਚੜਾ ਨਿਆਉ ਕਰੇਗੁ ਮਸੋਲਾ ॥ ਕਾਇਆ ਕਪੜੁ ਟੁਕੁ ਟੁਕੁ ਹੋਸੀ ਹਿਦੁਸਤਾਨੁ ਸਮਾਲਸੀ ਬੋਲਾ ॥ ਆਵਨਿ ਅਠਤਰੈ ਜਾਨਿ ਸਤਾਨਵੈ ਹੋਰੁ ਭੀ ਉਠਸੀ ਮਰਦ ਕਾ ਚੇਲਾ ॥ ਸਚ ਕੀ ਬਾਣੀ ਨਾਨਕੁ ਆਖੈ ਸਚੁ ਸੁਣਾਇਸੀ ਸਚ ਕੀ ਬੇਲਾ ॥੨॥੩॥੫॥ {ਪੰਨਾ ੭੨੨-੭੨੩}

ਪਦ ਅਰਥ :—ਮੈ—ਮੈਨੂੰ । ਬਾਣੀ—ਪ੍ਰੇਰਨਾ । ਕਰੀ—ਮੈਂ ਕਰਦਾ ਹਾਂ । ਗਿਆਨੁ—ਵਾਕਫ਼ੀਅਤ, ਜਾਣ-ਪਛਾਣ । ਕਰੀ ਗਿਆਨੁ—ਮੈਂ ਵਾਕਫ਼ੀਅਤ ਕਰਾਂਦਾ ਹਾਂ, ਮੈਂ ਹਾਲ ਦੱਸਦਾ ਹਾਂ । ਵੇ—ਹੇ! ਕਾਬਲਹੁ—ਕਾਬਲ ਤੋਂ । ਧਾਇਆ—ਹੱਲਾ ਕਰ ਕੇ ਆਇਆ । ਜੋਰੀ—ਧੱਕੇ ਨਾਲ, ਜ਼ੋਰ ਨਾਲ । ਦਾਨੁ—

{ਨੋਟ :—ਵਿਆਹ ਦੇ ਸਮੇ ਲੜਕੀ ਵਾਲੇ ਦੇ ਘਰ ਮੁੰਡੇ ਵਾਲੇ ਜੰਞ ਬਣਾ ਕੇ ਆਉਂਦੇ ਹਨ । ਖ਼ੁਸ਼ੀ ਦੇ ਗੀਤ ਗਾਏ ਜਾਂਦੇ ਹਨ । ਹਿੰਦੂਆਂ ਦਾ ਵਿਆਹ ਬ੍ਰਾਹਮਣ ਤੇ ਮੁਸਲਮਾਨਾਂ ਦਾ ਕਾਜ਼ੀ ਪੜ੍ਹਾਂਦਾ ਹੈ । ਹਿੰਦੂ ਕੰਨਿਆ-ਦਾਨ ਕਰਦੇ ਹਨ, ਦਾਨ ਦੇ ਤੌਰ ਤੇ ਕੰਨਿਆ ਭੇਟ ਕਰਦੇ ਹਨ । ਉਸ ਸੁਹਾਵਣੇ ਸਮੇ ਜਾਂਞੀਆਂ ਉਤੇ ਕੇਸਰ ਛਿੜਕਿਆ ਜਾਂਦਾ ਹੈ । ਵਿਆਹ ਦਾ ਇਹ ਦ੍ਰਿਸ਼ਟਾਂਤ ਦੇ ਕੇ ਗੁਰੂ ਨਾਨਕ ਦੇਵ ਜੀ ਇਸ ਸ਼ਬਦ ਦੀ ਰਾਹੀਂ ਦੱਸਦੇ ਹਨ ਕਿ ਬਾਬਰ ਕਾਬਲ ਤੋਂ ਫ਼ੌਜ ਲੈ ਕੇ ਚੜ੍ਹਿਆ, ਮਾਨੋ, ਪਾਪ-ਜ਼ੁਲਮ ਦੀ ਜੰਞ ਲੈ ਕੇ ਹਿੰਦ ਦੀ ਹਕੂਮਤ-ਰੂਪ ਲਾੜੀ ਵਿਆਹੁਣ ਆਇਆ । ਬਾਬਰ ਦੇ ਫ਼ੌਜੀਆਂ ਨੇ ਸੈਦਪੁਰ (ਐਮਨਾਬਾਦ) ਦੀਆਂ ਇਸਤ੍ਰੀਆਂ ਦੀ ਬਹੁਤ ਬੇ-ਪਤੀ ਕੀਤੀ, ਇਹ, ਮਾਨੋ, ਕਾਜ਼ੀ ਤੇ ਬ੍ਰਾਹਮਣ ਦੇ ਥਾਂ ਸ਼ੈਤਾਨ ਵਿਆਹ ਪੜ੍ਹਾ ਰਿਹਾ ਸੀ । ਕਤਲਾਮ ਨਾਲ ਸ਼ਹਰ ਦੀਆਂ ਗਲੀਆਂ ਬਜ਼ਾਰਾਂ ਵਿਚ ਲਹੂ ਹੀ ਲਹੂ ਸੀ, ਇਹ, ਮਾਨੋ ਉਹ ਖ਼ੂਨੀ ਵਿਆਹ ਵਿਚ ਕੇਸਰ ਛਿੜਕਿਆ ਜਾ ਰਿਹਾ ਸੀ । ਵਿਆਹਾਂ ਦੇ ਖ਼ੁਸ਼ੀ ਦੇ ਸੋਹਿਲਿਆਂ ਦੇ ਥਾਂ ਖ਼ੂਨ ਦੇ ਸੋਹਿਲੇ ਗਾਏ ਜਾ ਰਹੇ ਸਨ, ਹਰ ਪਾਸੇ ਮੌਤ ਦੇ ਕਾਰਨ ਵੈਣ ਹੀ ਵੈਣ ਪੈ ਰਹੇ ਹਨ} ।

ਸਰਮੁ—ਸ਼ਰਮ, ਹਯਾ । ਪਰਧਾਨੁ—ਚੌਧਰੀ । ਥਕੀ—ਰਹਿ ਗਈ, ਮੁੱਕ ਗਈ । ਅਗਦੁ—ਅਕਦ, ਨਕਾਹ, ਵਿਆਹ । ਕਰਹਿ ਖੁਦਾਇ—ਖ਼ੁਦਾ ਖ਼ੁਦਾ ਕਰਦੀਆਂ ਹਨ, ਖ਼ੁਦਾ ਅੱਗੇ ਪੁਕਾਰ ਕਰਦੀਆਂ ਹਨ । ਸਨਾਤੀ—ਨੀਵੀਂ ਜਾਤਿ । ਏਹਿ ਭੀ—ਇਹ ਭੀ ਸਾਰੀਆਂ । ਲੇਖੈ ਲਾਇ—ਉਸ ਜ਼ੁਲਮ ਦੇ ਲੇਖੇ ਵਿਚ ਹੀ ਗਿਣ । ਖੂਨ ਕੇ ਸੋਹਿਲੇ—ਕੀਰਨੇ, ਵਿਰਲਾਪ, ਵੈਣ । ਰਤੁ—ਲਹੂ । ਕੁੰਗੂ—ਕੇਸਰ ।੧।

ਅਰਥ :—ਹੇ (ਭਾਈ) ਲਾਲੋ! ਮੈਨੂੰ ਜਿਹੋ ਜਿਹੀ ਖਸਮ-ਪ੍ਰਭੂ ਵਲੋਂ ਪ੍ਰੇਰਨਾ ਆਈ ਹੈ ਉਸੇ ਅਨੁਸਾਰ ਮੈਂ ਤੈਨੂੰ (ਉਸ ਦੁਰ-ਘਟਨਾ ਦੀ) ਵਾਕਫ਼ੀਅਤ ਦੇਂਦਾ ਹਾਂ (ਜੋ ਇਸ ਸ਼ਹਿਰ ਸ਼ੈਦਪੁਰ ਵਿਚ ਵਾਪਰੀ ਹੈ) । (ਬਾਬਰ) ਕਾਬਲ ਤੋਂ (ਫ਼ੌਜ ਜੋ, ਮਾਨੋ) ਪਾਪ-ਜ਼ੁਲਮ ਦੀ ਜੰਞ (ਹੈ) ਇਕੱਠੀ ਕਰ ਕੇ ਆ ਚੜ੍ਹਿਆ ਹੈ, ਅਤੇ ਜ਼ੋਰ-ਧੱਕੇ ਨਾਲ ਹਿੰਦ-ਦੀ-ਹਕੂਮਤ ਰੂਪ ਕੰਨਿਆ-ਦਾਨ ਮੰਗ ਰਿਹਾ ਹੈ । (ਸੈਦਪੁਰ ਵਿਚੋਂ) ਹਯਾ ਤੇ ਧਰਮ ਦੋਵੇਂ ਲੋਪ ਹੋ ਚੁਕੇ ਹਨ, ਝੂਠ ਹੀ ਝੂਠ ਚੌਧਰੀ ਬਣਿਆ ਫਿਰਦਾ ਹੈ । (ਬਾਬਰ ਦੇ ਸਿਪਾਹੀਆਂ ਵਲੋਂ ਸੈਦਪੁਰ ਦੀਆਂ ਇਸਤ੍ਰੀਆਂ ਉਤੇ ਇਤਨੇ ਅੱਤਿਆਚਾਰ ਹੋ ਰਹੇ ਹਨ ਕਿ, ਮਾਨੋ) ਸ਼ੈਤਾਨ (ਇਸ ਸ਼ਹਿਰ ਵਿਚ) ਵਿਆਹ ਪੜ੍ਹਾ ਰਿਹਾ ਹੈ ਤੇ ਕਾਜ਼ੀਆਂ ਅਤੇ ਬ੍ਰਾਹਮਣਾਂ ਦੀ (ਸਾਊਆਂ ਵਾਲੀ) ਮਰਯਾਦਾ ਮੁੱਕ ਚੁਕੀ ਹੈ । ਮੁਸਲਮਾਨ ਔਰਤਾਂ (ਭੀ ਇਸ ਜ਼ੁਲਮ ਦਾ ਸ਼ਿਕਾਰ ਹੋ ਰਹੀਆਂ ਹਨ ਜੋ) ਇਸ ਬਿਪਤਾ ਵਿਚ (ਆਪਣੀ ਧਰਮ-ਪੁਸਤਕ) ਕੁਰਾਨ (ਦੀਆਂ ਆਇਤਾਂ) ਪੜ੍ਹ ਰਹੀਆਂ ਹਨ ਤੇ ਖ਼ੁਦਾ ਅੱਗੇ ਪੁਕਾਰ ਕਰ ਰਹੀਆਂ ਹਨ । ਉੱਚੀਆਂ ਜਾਤਾਂ ਦੀਆਂ, ਨੀਵੀਆਂ ਜਾਤਾਂ ਦੀਆਂ ਅਤੇ ਹੋਰ ਭੀ ਸਭ ਹਿੰਦੂ ਇਸਤ੍ਰੀਆਂ—ਇਹਨਾਂ ਸਾਰੀਆਂ ਉਤੇ ਇਹੀ ਅੱਤਿਆਚਾਰ ਹੋ ਰਹੇ ਹਨ ।

ਹੇ ਨਾਨਕ! (ਇਸ ਖ਼ੂਨੀ ਵਿਆਹ ਵਿਚ ਸੈਦਪੁਰ ਨਗਰ ਦੇ ਅੰਦਰ ਹਰ ਪਾਸੇ) ਵਿਰਲਾਪ ਹੋ ਰਹੇ ਹਨ ਤੇ ਲਹੂ ਦਾ ਕੇਸਰ ਛਿੜਕਿਆ ਜਾ ਰਿਹਾ ਹੈ ।੧।

ਪਦ ਅਰਥ :—ਮਾਸਪੁਰੀ—ਉਹ ਨਗਰ ਜਿਥੇ ਹਰ ਪਾਸੇ ਮਾਸ ਹੀ ਮਾਸ ਖਿਲਰਿਆ ਪਿਆ ਹੈ, ਜਿਥੇ ਲੋਥਾਂ ਦੇ ਢੇਰ ਲੱਗੇ ਪਏ ਹਨ, ਲੋਥਾਂ-ਭਰਿਆ ਸ਼ਹਿਰ । ਆਖੁ—(ਹੇ ਭਾਈ ਲਾਲੋ! ਤੂੰ ਭੀ) ਕਹੁ । ਮਸੋਲਾ—ਮਸਅਲਾ, ਅਸੂਲ ਦੀ ਗੱਲ, ਅਟੱਲ ਨਿਯਮ । ਜਿਨਿ—ਜਿਸ (ਮਾਲਕ-ਪ੍ਰਭੂ) ਨੇ । ਰੰਗਿ—ਰੰਗ ਵਿਚ, ਮਾਇਆ ਦੇ ਮੋਹ ਵਿਚ । ਰਵਾਈ—ਰਚਾਈ, ਪਰਵਿਰਤ ਕੀਤੀ । ਵਖਿ—ਵੱਖਰਾ ਹੋ ਕੇ, ਨਿਰਲੇਪ ਰਹਿ ਕੇ । ਇਕੇਲਾ—ਨਿਵੇਕਲਾ ਹੋ ਕੇ । ਸਚਾ—ਸਦਾ-ਥਿਰ, ਅਟੱਲ ਨਿਯਮ ਵਾਲਾ । ਤਪਾਵਸੁ—ਇਨਸਾਫ਼ । ਕਰੇਗੁ—ਕਰੇਗਾ, ਕਰ ਰਿਹਾ ਹੈ । ਟੁਕੁ ਟੁਕੁ—ਟੁਕੜੇ ਟੁਕੜੇ । ਹੋਸੀ—ਹੋਵੇਗਾ, ਹੋ ਰਿਹਾ ਹੈ । ਸਮਾਲਸੀ—ਯਾਦ ਰੱਖੇਗਾ । ਬੋਲਾ—ਗੱਲ, ਦੁਰ-ਘਟਨਾ । ਆਵਨਿ—ਆਉਂਦੇ ਹਨ, ਆਏ ਹਨ । ਅਠਤਰੈ—ਅਠੱਤਰ ਵਿਚ, ਸੰਮਤ ੧੫੭੮ ਵਿਚ (ਸੰਨ ੧੫੨੧ ਵਿਚ । ਨੋਟ :—ਗੁਰੂ ਨਾਨਕ ਦੇਵ ਜੀ ਤੀਜੀ 'ਉਦਾਸੀ' ਸਮੇ ਸੰਨ ੧੫੧੮ ਵਿਚ ਮੱਕੇ ਨੂੰ ਗਏ ਸਨ । ਉਥੋਂ ਈਰਾਨ ਦੇਸ ਤੇ ਅਫ਼ਗ਼ਾਨਿਸਤਾਨ ਦੇਸ ਦੇ ਹਾਜੀਆਂ ਦੇ ਨਾਲ ਮਿਲ ਕੇ ਬਗ਼ਦਾਦ ਤੇ ਕਾਬਲ ਦੇ ਰਸਤੇ ਵਾਪਸ ਆ ਕੇ ਐਮਨਾਬਾਦ ਸੰਨ ੧੫੨੧ ਵਿਚ ਉਸ ਵੇਲੇ ਪਹੁੰਚੇ ਸਨ, ਜਦੋਂ ਬਾਬਰ ਸ਼ਹਿਰ ਸਿਆਲਕੋਟ ਨੂੰ ਮਾਰ ਕੇ ਇਥੇ ਪਹੁੰਚਿਆ ਸੀ) । ਜਾਨਿ—ਜਾਂਦੇ ਹਨ, ਜਾਣਗੇ । ਸਤਾਨਵੈ—ਸੰਮਤ ੧੫੯੭ ਵਿਚ (ਸੰਨ ੧੫੪੦ ਵਿਚ) । ਉਠਸੀ—ਉੱਠੇਗਾ, ਤਾਕਤ ਫੜੇਗਾ । ਮਰਦ ਕਾ ਚੇਲਾ—ਸੂਰਮਾ {ਨੋਟ :—ਸ਼ੇਰ ਸ਼ਾਹ ਸੂਰੀ ਨੇ ਬਾਬਰ ਦੇ ਪੁੱਤਰ ਹਮਾਯੂੰ ਨੂੰ ਹਿੰਦੁਸਤਾਨ ਵਿਚੋਂ ਮਾਰ ਭਜਾਇਆ ਤੇ ਆਪ ਸੰਨ ੧੫੪੦ ਵਿਚ ਇਥੋਂ ਦਾ ਰਾਜ ਸਾਂਭਿਆ ਸੀ} । ਸਚ ਕੀ ਬਾਣੀ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਆਖੈ—ਆਖਦਾ ਹੈ, ਉਚਾਰਦਾ ਹੈ । ਸੁਣਾਇਸੀ—ਸੁਣਾਂਦਾ ਰਹੇਗਾ, ਉਚਾਰਦਾ ਰਹੇਗਾ, ਆਖਦਾ ਰਹੇਗਾ । ਬੇਲਾ—ਸਮਾ, ਮਨੁੱਖਾ ਜਨਮ ਦਾ ਸਮਾ । ਸਚ ਕੀ ਬੇਲਾ—ਸਿਮਰਨ, ਸਿਫ਼ਤਿ-ਸਾਲਾਹ ਦਾ ਹੀ ਇਹ ਸਮਾ ਹੈ ।੨।

ਅਰਥ :—(ਸੈਦਪੁਰ ਦੀ ਕਤਲਾਮ ਦੀ ਇਹ ਦੁਰ-ਘਟਨਾ ਬੜੀ ਭਿਆਨਕ ਹੈ, ਪਰ ਇਹ ਭੀ ਠੀਕ ਹੈ ਕਿ ਜਗਤ ਵਿਚ ਸਭ ਕੁਝ ਮਾਲਕ-ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ, ਇਸ ਵਾਸਤੇ) ਲੋਥਾਂ-ਭਰੇ ਇਸ ਸ਼ਹਿਰ ਵਿਚ ਬੈਠ ਕੇ ਭੀ ਨਾਨਕ ਉਸ ਮਾਲਕ-ਪ੍ਰਭੂ ਦੇ ਗੁਣ ਹੀ ਗਾਂਦਾ ਹੈ, (ਹੇ ਭਾਈ ਲਾਲੋ! ਤੂੰ ਭੀ ਇਸ) ਅਟੱਲ ਨਿਯਮ ਨੂੰ ਉਚਾਰ (ਚੇਤੇ ਰੱਖ ਕਿ) ਜਿਸ ਮਾਲਕ-ਪ੍ਰਭੂ ਨੇ (ਇਹ ਸ੍ਰਿਸ਼ਟੀ) ਪੈਦਾ ਕੀਤੀ ਹੈ, ਉਸੇ ਨੇ ਇਸ ਨੂੰ ਮਾਇਆ ਦੇ ਮੋਹ ਵਿਚ ਪਰਵਿਰਤ ਕੀਤਾ ਹੋਇਆ ਹੈ, ਉਹ ਆਪ ਹੀ ਨਿਰਲੇਪ ਰਹਿ ਕੇ (ਉਹਨਾਂ ਦੁਰ-ਘਟਨਾਵਾਂ ਨੂੰ) ਵੇਖ ਰਿਹਾ ਹੈ (ਜੋ ਮਾਇਆ ਦੇ ਮੋਹ ਦੇ ਕਾਰਨ ਵਾਪਰਦੀਆਂ ਹਨ) ।

ਉਹ ਮਾਲਕ-ਪ੍ਰਭੂ ਅਟੱਲ ਨਿਯਮਾਂ ਵਾਲਾ ਹੈ, ਉਸ ਦਾ ਨਿਆਉਂ (ਹੁਣ ਤਕ) ਅਟੱਲ ਹੈ, ਉਹ (ਅਗਾਂਹ ਨੂੰ ਭੀ) ਅਟੱਲ ਨਿਯਮ ਵਰਤਾਇਗਾ ਉਹੀ ਨਿਆਉਂ ਕਰੇਗਾ ਜੋ ਅਟੱਲ ਹੈ । (ਉਸ ਅਟੱਲ ਨਿਯਮ ਅਨੁਸਾਰ ਹੀ ਇਸ ਵੇਲੇ ਸੈਦਪੁਰ ਵਿਚ ਹਰ ਪਾਸੇ) ਮਨੁੱਖਾ ਸਰੀਰ-ਰੂਪ ਕੱਪੜਾ ਟੋਟੇ ਟੋਟੇ ਹੋ ਰਿਹਾ ਹੈ । ਇਹ ਇਕ ਐਸੀ ਭਿਆਨਕ ਘਟਨਾ ਹੋਈ ਹੈ ਜਿਸ ਨੂੰ ਹਿੰਦੁਸਤਾਨ ਭੁਲਾ ਨਹੀਂ ਸਕੇਗਾ ।

(ਪਰ ਹੇ ਭਾਈ ਲਾਲੋ! ਜਦ ਤਕ ਮਨੁੱਖ ਮਾਇਆ ਦੇ ਮੋਹ ਵਿਚ ਪਰਵਿਰਤ ਹਨ, ਅਜੇਹੇ ਘੱਲੂ-ਘਾਰੇ ਵਾਪਰਦੇ ਹੀ ਰਹਿਣੇ ਹਨ, ਮੁਗ਼ਲ ਅੱਜ) ਸੰਮਤ ਅਠੱਤਰ ਵਿਚ ਆਏ ਹਨ, ਇਹ ਸੰਮਤ ਸਤਾਨਵੇ ਵਿਚ ਚਲੇ ਜਾਣਗੇ, ਕੋਈ ਹੋਰ ਸੂਰਮਾ ਭੀ ਉੱਠ ਖੜਾ ਹੋਵੇਗਾ । (ਜੀਵ ਮਾਇਆ ਦੇ ਰੰਗ ਵਿਚ ਮਸਤ ਹੋ ਕੇ ਉਮਰ ਅਜਾਈਂ ਗਵਾ ਰਹੇ ਹਨ) ਨਾਨਕ ਤਾਂ (ਇਸ ਵੇਲੇ ਭੀ) ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, (ਸਾਰੀ ਉਮਰ ਹੀ) ਇਹ ਸਿਫ਼ਤਿ-ਸਾਲਾਹ ਕਰਦਾ ਰਹੇਗਾ, ਕਿਉਂਕਿ ਇਹ ਮਨੁੱਖਾ ਜਨਮ ਦਾ ਸਮਾ ਸਿਫ਼ਤਿ-ਸਾਲਾਹ ਵਾਸਤੇ ਹੀ ਮਿਲਿਆ ਹੈ ।੨।੩।੫।

ਤਿਲੰਗ ਮਹਲਾ ੪ ਘਰੁ ੨
ੴ ਸਤਿਗੁਰ ਪ੍ਰਸਾਦਿ ॥ ਸਭਿ ਆਏ ਹੁਕਮਿ ਖਸਮਾਹੁ ਹੁਕਮਿ ਸਭ ਵਰਤਨੀ ॥ ਸਚੁ ਸਾਹਿਬੁ ਸਾਚਾ ਖੇਲੁ ਸਭੁ ਹਰਿ ਧਨੀ ॥੧॥ ਸਾਲਾਹਿਹੁ ਸਚੁ ਸਭ ਊਪਰਿ ਹਰਿ ਧਨੀ ॥ ਜਿਸੁ ਨਾਹੀ ਕੋਇ ਸਰੀਕੁ ਕਿਸੁ ਲੇਖੈ ਹਉ ਗਨੀ ॥ ਰਹਾਉ ॥ ਪਉਣੁ ਪਾਣੀ ਧਰਤੀ ਆਕਾਸੁ ਘਰ ਮੰਦਰ ਹਰਿ ਬਨੀ ॥ ਵਿਚਿ ਵਰਤੈ ਨਾਨਕ ਆਪਿ ਝੂਠੁ ਕਹੁ ਕਿਆ ਗਨੀ ॥੨॥੧॥

ਪਦ ਅਰਥ :—ਸਭਿ—ਸਾਰੇ ਜੀਵ । ਹੁਕਮਿ—ਹੁਕਮ ਅਨੁਸਾਰ । ਖਸਮਾਹੁ—ਖਸਮ ਤੋਂ । ਹੁਕਮਿ—ਹੁਕਮ ਵਿਚ । ਸਭ—ਸਾਰੀ ਸ੍ਰਿਸ਼ਟੀ । ਵਰਤਨੀ—ਕੰਮ ਕਰ ਰਹੀ ਹੈ । ਸਚੁ—ਸਦਾ ਕਾਇਮ ਰਹਿਣ ਵਾਲਾ । ਸਾਚਾ—ਅਟੱਲ (ਨਿਯਮਾਂ ਵਾਲਾ) । ਖੇਲੁ—ਜਗਤ-ਤਮਾਸ਼ਾ । ਸਭ—ਹਰ ਥਾਂ । ਧਨੀ—ਮਾਲਕ ।੧।

ਜਿਸੁ ਸਰੀਕੁ—ਜਿਸ ਦੇ ਬਰਾਬਰ ਦਾ । ਲੇਖੈ—ਲੇਖੇ ਵਿਚ । ਹਉ—ਮੈਂ । ਗਨੀ—ਗਨੀਂ, ਮੈਂ । (ਗੁਣ) ਬਿਆਨ ਕਰਾਂ ।ਰਹਾਉ।

ਵਰਤੈ—ਮੌਜੂਦ ਹੈ । ਕਹੁ—ਦੱਸੋ । ਕਿਆ—ਕਿਸ ਨੂੰ? ।੨।

ਅਰਥ :—ਹੇ ਭਾਈ! ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਕਰਿਆ ਕਰੋ । ਉਹ ਹਰੀ ਸਭ ਦੇ ਉਪਰ ਹੈ ਤੇ ਮਾਲਕ ਹੈ । ਜਿਸ ਹਰੀ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, ਮੈਂ ਕਿਸ ਗਿਣਤੀ ਵਿਚ ਹਾਂ ਕਿ ਉਸ ਦੇ ਗੁਣ ਬਿਆਨ ਕਰ ਸਕਾਂ? ।ਰਹਾਉ।

ਹੇ ਭਾਈ! ਸਾਰੇ ਜੀਵ ਹੁਕਮ ਅਨੁਸਾਰ ਖਸਮ-ਪ੍ਰਭੂ ਤੋਂ ਹੀ ਜਗਤ ਵਿਚ ਆਏ ਹਨ, ਸਾਰੀ ਲੁਕਾਈ ਉਸ ਦੇ ਹੁਕਮ ਵਿਚ (ਹੀ) ਕੰਮ ਕਰ ਰਹੀ ਹੈ । ਉਹ ਮਾਲਕ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ (ਰਚਿਆ ਜਗਤ-) ਤਮਾਸ਼ਾ ਅਟੱਲ (ਨਿਯਮਾਂ ਵਾਲਾ ਹੈ) । ਹਰ ਥਾਂ ਉਹ ਮਾਲਕ ਆਪ ਮੌਜੂਦ ਹੈ ।੧।

ਹੇ ਭਾਈ! ਹਵਾ, ਪਾਣੀ, ਧਰਤੀ ਆਕਾਸ਼—ਇਹ ਸਾਰੇ ਪਰਮਾਤਮਾ ਦੇ (ਰਹਿਣ ਵਾਸਤੇ) ਘਰ ਮੰਦਰ ਬਣੇ ਹੋਏ ਹਨ । ਹੇ ਨਾਨਕ! ਇਹਨਾਂ ਸਭਨਾਂ ਵਿਚ ਪਰਮਾਤਮਾ ਆਪ ਵੱਸ ਰਿਹਾ ਹੈ । ਦੱਸੋ, ਇਹਨਾਂ ਵਿਚੋਂ ਕਿਸ ਨੂੰ ਮੈਂ ਅਸੱਤ ਆਖਾਂ? ।੨।੧।

ਤਿਲੰਗ ਮਹਲਾ ੪ ॥ ਨਿਤ ਨਿਹਫਲ ਕਰਮ ਕਮਾਇ ਬਫਾਵੈ ਦੁਰਮਤੀਆ ॥ ਜਬ ਆਣੈ ਵਲਵੰਚ ਕਰਿ ਝੂਠੁ ਤਬ ਜਾਣੈ ਜਗੁ ਜਿਤੀਆ ॥੧॥ ਐਸਾ ਬਾਜੀ ਸੈਸਾਰੁ ਨ ਚੇਤੈ ਹਰਿ ਨਾਮਾ ॥ ਖਿਨ ਮਹਿ ਬਿਨਸੈ ਸਭੁ ਝੂਠੁ ਮੇਰੇ ਮਨ ਧਿਆਇ ਰਾਮਾ ॥ ਰਹਾਉ ॥ ਸਾ ਵੇਲਾ ਚਿਤਿ ਨ ਆਵੈ ਜਿਤੁ ਆਇ ਕੰਟਕੁ ਕਾਲੁ ਗ੍ਰਸੈ ॥ ਤਿਸੁ ਨਾਨਕ ਲਏ ਛਡਾਇ ਜਿਸੁ ਕਿਰਪਾ ਕਰਿ ਹਿਰਦੈ ਵਸੈ ॥੨॥੨॥ {ਪੰਨਾ ੭੨੩}

ਪਦ ਅਰਥ :—ਨਿਹਫਲ ਕਰਮ—ਉਹ ਕੰਮ ਜਿਨ੍ਹਾਂ ਤੋਂ ਕੋਈ ਲਾਭ ਨਹੀਂ ਹੁੰਦਾ । ਬਫਾਵੈ—ਲਾਫ਼ਾਂ ਮਾਰਦਾ ਹੈ, ਮਾਣ ਕਰਦਾ ਹੈ । ਦੁਰਮਤੀਆ—ਖੋਟੀ ਅਕਲ ਵਾਲਾ ਮਨੁੱਖ । ਆਵੈ—ਲਿਆਉਂਦਾ ਹੈ । ਵਲਵੰਚ—ਛਲ । ਕਰਿ—ਕਰ ਕੇ । ਜਾਣੈ—ਸਮਝਦਾ ਹੈ ।੧।

ਬਾਜੀ—ਖੇਡ, ਤਮਾਸ਼ਾ । ਬਿਨਸੈ—ਨਾਸ ਹੋ ਜਾਂਦਾ ਹੈ । ਝੂਠੁ—ਨਾਸਵੰਤ । ਮਨ—ਹੇ ਮਨ! ।ਰਹਾਉ।

ਚਿਤਿ—ਚਿੱਤ ਵਿਚ । ਜਿਤੁ—ਜਿਸ (ਵੇਲੇ) ਵਿਚ । ਆਇ—ਆ ਕੇ । ਕੰਟਕੁ—ਕੰਡਾ, ਕੰਡੇ ਵਰਗਾ ਦੁਖਦਾਈ । ਗ੍ਰਸੈ—ਫੜ ਲੈਂਦਾ ਹੈ । ਜਿਸੁ ਹਿਰਦੈ—ਜਿਸ ਦੇ ਹਿਰਦੇ ਵਿਚ ।੨।

ਅਰਥ :—ਹੇ ਮੇਰੇ ਮਨ! ਜਗਤ ਇਹੋ ਜਿਹਾ ਹੈ ਜਿਵੇਂ ਇਕ ਖੇਡ ਹੁੰਦੀ ਹੈ, ਇਹ ਸਾਰਾ ਨਾਸਵੰਤ ਹੈ, ਇਕ ਛਿਨ ਵਿਚ ਨਾਸ ਹੋ ਜਾਂਦਾ ਹੈ (ਪਰ ਖੋਟੀ ਮਤਿ ਵਾਲਾ ਮਨੁੱਖ ਫਿਰ ਭੀ) ਪਰਮਾਤਮਾ ਦਾ ਨਾਮ ਨਹੀਂ ਸਿਮਰਦਾ । ਹੇ ਮੇਰੇ ਮਨ! ਤੂੰ ਤਾਂ ਪਰਮਾਤਮਾ ਦਾ ਧਿਆਨ ਧਰਦਾ ਰਹੁ ।ਰਹਾਉ।

ਹੇ ਮੇਰੇ ਮਨ! ਖੋਟੀ ਬੁਧਿ ਵਾਲਾ ਮਨੁੱਖ ਸਦਾ ਉਹ ਕੰਮ ਕਰਦਾ ਰਹਿੰਦਾ ਹੈ ਜਿਨ੍ਹਾਂ ਤੋਂ ਕੋਈ ਲਾਭ ਨਹੀਂ ਹੁੰਦਾ, (ਫਿਰ ਭੀ ਅਜੇਹੇ ਵਿਅਰਥ ਕੰਮ ਕਰ ਕੇ) ਲਾਫ਼ਾਂ ਮਾਰਦਾ ਰਹਿੰਦਾ ਹੈ । ਜਦੋਂ ਕੋਈ ਠੱਗੀ ਕਰ ਕੇ, ਕੋਈ ਝੂਠ ਬੋਲ ਕੇ (ਕੁਝ ਧਨ-ਮਾਲ) ਲੈ ਆਉਂਦਾ ਹੈ, ਤਦੋਂ ਸਮਝਦਾ ਹੈ ਕਿ ਮੈਂ ਦੁਨੀਆ ਨੂੰ ਜਿੱਤ ਲਿਆ ਹੈ ।੧।

ਹੇ ਮੇਰੇ ਮਨ! ਖੋਟੀ ਮਤਿ ਵਾਲੇ ਮਨੁੱਖ ਨੂੰ ਉਹ ਵੇਲਾ (ਕਦੇ) ਯਾਦ ਨਹੀਂ ਆਉਂਦਾ, ਜਦੋਂ ਦੁਖਦਾਈ ਕਾਲ ਆ ਕੇ ਫੜ ਲੈਂਦਾ ਹੈ । ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਮੇਹਰ ਕਰ ਕੇ ਆ ਵੱਸਦਾ ਹੈ, ਉਸ ਨੂੰ (ਮੌਤ ਦੇ ਡਰ ਤੋਂ) ਛਡਾ ਲੈਂਦਾ ਹੈ ।੨।੨।੭।

ਤਿਲੰਗ ਮਹਲਾ ੫ ਘਰੁ ੧
ੴ ਸਤਿਗੁਰ ਪ੍ਰਸਾਦਿ ॥ ਖਾਕ ਨੂਰ ਕਰਦੰ ਆਲਮ ਦੁਨੀਆਇ ॥ ਅਸਮਾਨ ਜਿਮੀ ਦਰਖਤ ਆਬ ਪੈਦਾਇਸਿ ਖੁਦਾਇ ॥੧॥ ਬੰਦੇ ਚਸਮ ਦੀਦੰ ਫਨਾਇ ॥ ਦੁਨੰਆਿ ਮੁਰਦਾਰ ਖੁਰਦਨੀ ਗਾਫਲ ਹਵਾਇ ॥ ਰਹਾਉ ॥ ਗੈਬਾਨ ਹੈਵਾਨ ਹਰਾਮ ਕੁਸਤਨੀ ਮੁਰਦਾਰ ਬਖੋਰਾਇ ॥ ਦਿਲ ਕਬਜ ਕਬਜਾ ਕਾਦਰੋ ਦੋਜਕ ਸਜਾਇ ॥੨॥ ਵਲੀ ਨਿਆਮਤਿ ਬਿਰਾਦਰਾ ਦਰਬਾਰ ਮਿਲਕ ਖਾਨਾਇ ॥ ਜਬ ਅਜਰਾਈਲੁ ਬਸਤਨੀ ਤਬ ਚਿ ਕਾਰੇ ਬਿਦਾਇ ॥੩॥ ਹਵਾਲ ਮਾਲੂਮੁ ਕਰਦੰ ਪਾਕ ਅਲਾਹ ॥ ਬੁਗੋ ਨਾਨਕ ਅਰਦਾਸਿ ਪੇਸਿ ਦਰਵੇਸ ਬੰਦਾਹ ॥੪॥੧॥ {ਪੰਨਾ ੭੨੩}

ਪਦ ਅਰਥ :—ਖਾਕ—ਖ਼ਾਕ, ਮਿੱਟੀ, ਅਚੇਤਨ । ਨੂਰ—ਜੋਤੀ, ਆਤਮਾ । ਕਰਦੰ—ਬਣਾ ਦਿੱਤਾ । ਆਲਮ—ਜਹਾਨ । ਜਿਮੀ—ਜ਼ਿਮੀ, ਧਰਤੀ । ਦਰਖਤ—ਦਰਖ਼ਤ, ਰੁੱਖ । ਆਬ—ਪਾਣੀ । ਪੈਦਾਇਸਿ ਖੁਦਾਇ—ਪੈਦਾਇਸ਼ਿ ਖ਼ੁਦਾਇ, ਪਰਮਾਤਮਾ ਦੀ ਰਚਨਾ । ਖੁਦਾਇ—ਪਰਮਾਤਮਾ ।੧।

ਬੰਦੇ—ਹੇ ਮਨੁੱਖ! ਚਸਮ—ਚਸ਼ਮ, ਅੱਖਾਂ । ਦੀਦੰ—ਦਿੱਸਦਾ । ਫਨਾਇ—ਫ਼ਨਾਇ, ਨਾਸਵੰਤ । ਮੁਰਦਾਰ—ਹਰਾਮ । ਖੁਰਦਨੀ—ਖ਼ੁਰਦਨੀ, ਖਾਣ ਵਾਲੀ । ਗਾਫਲ—ਗ਼ਾਫ਼ਲ, ਭੁੱਲੀ ਹੋਈ । ਹਵਾਇ—ਹਿਰਸ, ਲਾਲਚ ।ਰਹਾਉ।

ਗੈਬਾਨ—ਗ਼ੈਬਾਨ, ਨਾਹ ਦਿੱਸਣ ਵਾਲੇ, ਭੂਤ ਪ੍ਰੇਤ । ਹੈਵਾਨ—ਪਸ਼ੂ । ਕੁਸਤਨੀ—ਕੁਸ਼ਤਨੀ, ਮਾਰਨ ਵਾਲੀ । ਬਖੋਰਾਇ—ਬਖ਼ੋਰਾਇ, ਖਾਂਦੀ ਹੈ । ਕਬਜ

ਕਬਜਾ—ਕਬਜ਼ ਕਬਜ਼ਾ, ਮੁਕੰਮਲ ਕਬਜ਼ਾ । ਕਾਦਰੋ—ਪੈਦਾ ਕਰਨ ਵਾਲਾ ਪ੍ਰਭੂ । ਦੋਜਕ ਸਜਾਇ—ਦੋਜ਼ਕ ਸਜ਼ਾਇ—ਦੋਜ਼ਕ ਦੀ ਸਜ਼ਾ ਦੇਂਦਾ ਹੈ ।੨।

ਵਲੀ ਨਿਆਮਤਿ—ਨਿਆਮਤਾਂ ਦੇਣ ਵਾਲਾ ਪਿਤਾ । ਬਿਰਾਦਰਾ—ਭਰਾ । ਮਿਲਕ ਜਾਇਦਾਦ । ਖਾਨਾਇ—ਖ਼ਾਨਾਇ, ਘਰ । ਬਸਤਨੀ—ਬੰਨ੍ਹ ਲਏਗਾ । ਚਿ ਕਾਰੇ—ਕਿਸ ਕੰਮ? ਚਿ—ਕੀਹ? ਬਿਦਾਇ—ਵਿਦਾ ਹੋਣ ਵੇਲੇ । ਅਜਰਾਈਲੁ—ਅਜ਼ਰਾਈਲ, ਮੌਤ ਦਾ ਫ਼ਰਿਸ਼ਤਾ ।੩।

ਪਾਕ ਅਲਾਹ—ਪਵਿਤ੍ਰ ਪਰਮਾਤਮਾ । ਅਲਾਹ—ਅੱਲਾਹ । ਹਵਾਲ ਮਾਲੂਮ ਕਰਦੰ—(ਤੇਰੇ ਦਿਲ ਦਾ) ਹਾਲ ਜਾਣਦਾ ਹੈ । ਬੁਗੋ—ਆਖ । ਪੇਸਿ—ਸਾਹਮਣੇ, ਪੇਸ਼ਿ । ਪੇਸਿ ਦਰਵੇਸ ਬੰਦਾਹ—ਦਰਵੇਸ਼ ਬੰਦਿਆਂ ਦੇ ਅੱਗੇ ।੪।

ਅਰਥ :—ਹੇ ਮਨੁੱਖ! ਜੋ ਕੁਝ ਤੂੰ ਅੱਖੀਂ ਵੇਖਦਾ ਹੈਂ ਨਾਸਵੰਤ ਹੈ । ਪਰ ਦੁਨੀਆ (ਮਾਇਆ ਦੇ) ਲਾਲਚ ਵਿਚ (ਪਰਮਾਤਮਾ ਵਲੋਂ) ਭੁੱਲੀ ਹੋਈ ਹੈ, ਤੇ, ਹਰਾਮ ਖਾਂਦੀ ਰਹਿੰਦੀ ਹੈ (ਪਰਾਇਆ ਹੱਕ ਖੋਂਹਦੀ ਰਹਿੰਦੀ ਹੈ) ।ਰਹਾਉ।

ਹੇ ਭਾਈ! ਚੇਤਨ ਜੋਤਿ ਅਤੇ ਅਚੇਤਨ ਮਿੱਟੀ ਮਿਲਾ ਕੇ ਪਰਮਾਤਮਾ ਨੇ ਇਹ ਜਗਤ ਇਹ ਜਹਾਨ ਬਣਾ ਦਿੱਤਾ ਹੈ । ਆਸਮਾਨ, ਧਰਤੀ, ਰੁੱਖ, ਪਾਣੀ (ਆਦਿਕ ਇਹ ਸਭ ਕੁਝ) ਪਰਮਾਤਮਾ ਦੀ ਰਚਨਾ ਹੈ ।੧।

ਹੇ ਭਾਈ! ਗ਼ਾਫ਼ਲ ਮਨੁੱਖ ਭੂਤਾਂ ਪ੍ਰੇਤਾਂ ਪਸ਼ੂਆਂ ਵਾਂਗ ਹਰਾਮ ਮਾਰ ਕੇ ਹਰਾਮ ਖਾਂਦਾ ਹੈ । ਇਸ ਦੇ ਦਿਲ ਉਤੇ (ਮਾਇਆ ਦਾ) ਮੁਕੰਮਲ ਕਬਜ਼ਾ ਹੋਇਆ ਰਹਿੰਦਾ ਹੈ, ਪਰਮਾਤਮਾ ਇਸ ਨੂੰ ਦੋਜ਼ਕ ਦੀ ਸਜ਼ਾ ਦੇਂਦਾ ਹੈ ।੨।

ਹੇ ਭਾਈ! ਜਦੋਂ ਮੌਤ ਦਾ ਫ਼ਰਿਸ਼ਤਾ (ਆ ਕੇ) ਬੰਨ੍ਹ ਲੈਂਦਾ ਹੈ, ਤਦੋਂ ਪਾਲਣ ਵਾਲਾ ਪਿਉ, ਭਰਾ, ਦਰਬਾਰ, ਜਾਇਦਾਦ, ਘਰ—ਇਹ ਸਾਰੇ (ਜਗਤ ਤੋਂ) ਵਿਦਾ ਹੋਣ ਵੇਲੇ ਕਿਸ ਕੰਮ ਆਉਣਗੇ? ।੩।

ਹੇ ਭਾਈ! ਪਵਿਤ੍ਰ ਪਰਮਾਤਮਾ (ਤੇਰੇ ਦਿਲ ਦਾ) ਸਾਰਾ ਹਾਲ ਜਾਣਦਾ ਹੈ । ਹੇ ਨਾਨਕ! ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ (ਪਰਮਾਤਮਾ ਦੇ ਦਰ ਤੇ) ਅਰਦਾਸ ਕਰਿਆ ਕਰ (ਕਿ ਤੈਨੂੰ ਮਾਇਆ ਦੀ ਹਵਸ ਵਿਚ ਨਾਹ ਫਸਣ ਦੇਵੇ) ।੪।੧।

ਤਿਲੰਗ ਘਰੁ ੨ ਮਹਲਾ ੫ ॥ ਤੁਧੁ ਬਿਨੁ ਦੂਜਾ ਨਾਹੀ ਕੋਇ ॥ ਤੂ ਕਰਤਾਰੁ ਕਰਹਿ ਸੋ ਹੋਇ ॥ ਤੇਰਾ ਜੋਰੁ ਤੇਰੀ ਮਨਿ ਟੇਕ ॥ ਸਦਾ ਸਦਾ ਜਪਿ ਨਾਨਕ ਏਕ ॥੧॥ ਸਭ ਊਪਰਿ ਪਾਰਬ੍ਰਹਮੁ ਦਾਤਾਰੁ ॥ ਤੇਰੀ ਟੇਕ ਤੇਰਾ ਆਧਾਰੁ ॥ ਰਹਾਉ ॥ ਹੈ ਤੂਹੈ ਤੂ ਹੋਵਨਹਾਰ ॥ ਅਗਮ ਅਗਾਧਿ ਊਚ ਆਪਾਰ ॥ ਜੋ ਤੁਧੁ ਸੇਵਹਿ ਤਿਨ ਭਉ ਦੁਖੁ ਨਾਹਿ ॥ ਗੁਰ ਪਰਸਾਦਿ ਨਾਨਕ ਗੁਣ ਗਾਹਿ ॥੨॥ ਜੋ ਦੀਸੈ ਸੋ ਤੇਰਾ ਰੂਪੁ ॥ ਗੁਣ ਨਿਧਾਨ ਗੋਵਿੰਦ ਅਨੂਪ ॥ ਸਿਮਰਿ ਸਿਮਰਿ ਸਿਮਰਿ ਜਨ ਸੋਇ ॥ ਨਾਨਕ ਕਰਮਿ ਪਰਾਪਤਿ ਹੋਇ ॥੩॥ ਜਿਨਿ ਜਪਿਆ ਤਿਸ ਕਉ ਬਲਿਹਾਰ ॥ ਤਿਸ ਕੈ ਸੰਗਿ ਤਰੈ ਸੰਸਾਰ ॥ ਕਹੁ ਨਾਨਕ ਪ੍ਰਭ ਲੋਚਾ ਪੂਰਿ ॥ ਸੰਤ ਜਨਾ ਕੀ ਬਾਛਉ ਧੂਰਿ ॥੪॥੨॥ {ਪੰਨਾ ੭੨੩-੭੨੪}

ਪਦ ਅਰਥ :—ਕਰਹਿ—ਤੂੰ ਕਰਦਾ ਹੈਂ । ਜੋਰੁ—ਬਲ । ਮਨਿ—ਮਨ ਵਿਚ । ਟੇਕ—ਆਸਰਾ । ਨਾਨਕ—ਹੇ ਨਾਨਕ! ।੧।

ਆਧਾਰੁ—ਸਹਾਰਾ ।ਰਹਾਉ।

ਤੂ ਹੈ—ਤੂੰ ਹੀ । ਹੋਵਨਹਾਰ—ਸਦਾ ਕਾਇਮ ਰਹਿਣ ਵਾਲਾ । ਅਗਮ—ਅਪਹੁੰਚ । ਅਗਾਧਿ—ਅਥਾਹ । ਆਪਾਰ—ਅਪਾਰ, ਬੇਅੰਤ । ਤੁਧੁ—ਤੈਨੂੰ । ਸੇਵਹਿ—ਸਿਮਰਦੇ ਹਨ । ਪ੍ਰਸਾਦਿ—ਕਿਰਪਾ ਨਾਲ । ਗਾਹਿ—ਗਾਂਦੇ ਹਨ ।੨।

ਦੀਸੈ—ਦਿੱਸਦਾ ਹੈ । ਗੁਣ ਨਿਧਾਨ—ਹੇ ਗੁਣਾਂ ਦੇ ਖ਼ਜ਼ਾਨੇ! ਅਨੂਪ—ਹੇ ਸੁੰਦਰ! ਜਨ—ਹੇ ਜਨ! ਸੋਇ—ਉਸ ਪਰਮਾਤਮਾ ਨੂੰ ਹੀ । ਕਰਮਿ—ਮੇਹਰ ਨਾਲ ।੩।

ਜਿਨਿ—ਜਿਸ (ਮਨੁੱਖ) ਨੇ । ਤਿਸ ਕਉ—{ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ} । ਬਲਿਹਾਰ—ਸਦਕੇ । ਤਿਸ ਕੈ—{ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕੈ' ਦੇ ਕਾਰਨ ਉੱਡਿਆ ਹੈ} । ਕੈ ਸੰਗਿ—ਦੇ ਨਾਲ । ਲੋਚਾ—ਤਾਂਘ । ਪੂਰਿ—ਪੂਰੀ ਕਰ । ਬਾਛਉ—ਬਾਛਉਂ, ਮੈਂ ਚਾਹੁੰਦਾ ਹਾਂ । ਧੂਰਿ—ਚਰਨ-ਧੂੜ ।੪।

ਅਰਥ :—ਹੇ ਭਾਈ! ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਪਰਮਾਤਮਾ ਸਭ ਜੀਵਾਂ ਦੇ ਸਿਰ ਉਤੇ ਰਾਖਾ ਹੈ । ਹੇ ਪ੍ਰਭੂ! (ਅਸਾਂ ਜੀਵਾਂ ਨੂੰ) ਤੇਰਾ ਹੀ ਆਸਰਾ ਹੈ, ਤੇਰਾ ਹੀ ਸਹਾਰਾ ਹੈ ।ਰਹਾਉ।

ਹੇ ਪ੍ਰਭੂ! ਤੂੰ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ, ਜੋ ਕੁਝ ਤੂੰ ਕਰਦਾ ਹੈਂ, ਉਹੀ ਹੁੰਦਾ ਹੈ, ਤੈਥੋਂ ਬਿਨਾ ਹੋਰ ਕੋਈ ਦੂਜਾ ਕੁਝ ਕਰ ਸਕਣ ਵਾਲਾ ਨਹੀਂ ਹੈ । (ਅਸਾਂ ਜੀਵਾਂ ਨੂੰ) ਤੇਰਾ ਹੀ ਤਾਣ ਹੈ, (ਸਾਡੇ) ਮਨ ਵਿਚ ਤੇਰਾ ਹੀ ਸਹਾਰਾ ਹੈ । ਹੇ ਨਾਨਕ! ਸਦਾ ਹੀ ਉਸ ਇਕ ਪਰਮਾਤਮਾ ਦਾ ਨਾਮ ਜਪਦਾ ਰਹੁ ।੧।

ਹੇ ਅਪਹੁੰਚ ਪ੍ਰਭੂ! ਹੇ ਅਥਾਹ ਪ੍ਰਭੂ! ਹੇ ਸਭ ਤੋਂ ਉੱਚੇ ਤੇ ਬੇਅੰਤ ਪ੍ਰਭੂ! ਹਰ ਥਾਂ ਹਰ ਵੇਲੇ ਤੂੰ ਹੀ ਤੂੰ ਹੈਂ, ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ । ਹੇ ਪ੍ਰਭੂ! ਜੇਹੜੇ ਮਨੁੱਖ ਤੈਨੂੰ ਸਿਮਰਦੇ ਹਨ, ਉਹਨਾਂ ਨੂੰ ਕੋਈ ਡਰ ਕੋਈ ਦੁੱਖ ਪੋਹ ਨਹੀਂ ਸਕਦਾ । ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਹੀ (ਮਨੁੱਖ ਪਰਮਾਤਮਾ ਦੇ) ਗੁਣ ਗਾ ਸਕਦੇ ਹਨ ।੨।

ਹੇ ਗੁਣਾਂ ਦੇ ਖ਼ਜ਼ਾਨੇ! ਹੇ ਸੋਹਣੇ ਗੋਬਿੰਦ! (ਜਗਤ ਵਿਚ) ਜੋ ਕੁਝ ਦਿੱਸਦਾ ਹੈ ਤੇਰਾ ਹੀ ਸਰੂਪ ਹੈ । ਹੇ ਮਨੁੱਖ! ਸਦਾ ਉਸ ਪਰਮਾਤਮਾ ਦਾ ਸਿਮਰਨ ਕਰਦਾ

ਰਹੁ । ਹੇ ਨਾਨਕ! (ਪਰਮਾਤਮਾ ਦਾ ਸਿਮਰਨ) ਪਰਮਾਤਮਾ ਦੀ ਕਿਰਪਾ ਨਾਲ ਹੀ ਮਿਲਦਾ ਹੈ ।੩।

ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਉਸ ਤੋਂ ਕੁਰਬਾਨ ਹੋਣਾ ਚਾਹੀਦਾ ਹੈ । ਉਸ ਮਨੁੱਖ ਦੀ ਸੰਗਤਿ ਵਿਚ (ਰਹਿ ਕੇ) ਸਾਰਾ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ । ਹੇ ਨਾਨਕ! ਆਖ—ਹੇ ਪ੍ਰਭੂ! ਮੇਰੀ ਤਾਂਘ ਪੂਰੀ ਕਰ, ਮੈਂ (ਤੇਰੇ ਦਰ ਤੋਂ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ।੪।੨।

ਤਿਲੰਗ ਮਹਲਾ ੫ ਘਰੁ ੩ ॥ ਮਿਹਰਵਾਨੁ ਸਾਹਿਬੁ ਮਿਹਰਵਾਨੁ ॥ ਸਾਹਿਬੁ ਮੇਰਾ ਮਿਹਰਵਾਨੁ ॥ ਜੀਅ ਸਗਲ ਕਉ ਦੇਇ ਦਾਨੁ ॥ ਰਹਾਉ ॥ ਤੂ ਕਾਹੇ ਡੋਲਹਿ ਪ੍ਰਾਣੀਆ ਤੁਧੁ ਰਾਖੈਗਾ ਸਿਰਜਣਹਾਰੁ ॥ ਜਿਨਿ ਪੈਦਾਇਸਿ ਤੂ ਕੀਆ ਸੋਈ ਦੇਇ ਆਧਾਰੁ ॥੧॥ ਜਿਨਿ ਉਪਾਈ ਮੇਦਨੀ ਸੋਈ ਕਰਦਾ ਸਾਰ ॥ ਘਟਿ ਘਟਿ ਮਾਲਕੁ ਦਿਲਾ ਕਾ ਸਚਾ ਪਰਵਦਗਾਰੁ ॥੨॥ ਕੁਦਰਤਿ ਕੀਮ ਨ ਜਾਣੀਐ ਵਡਾ ਵੇਪਰਵਾਹੁ ॥ ਕਰਿ ਬੰਦੇ ਤੂ ਬੰਦਗੀ ਜਿਚਰੁ ਘਟ ਮਹਿ ਸਾਹੁ ॥੩॥ ਤੂ ਸਮਰਥੁ ਅਕਥੁ ਅਗੋਚਰੁ ਜੀਉ ਪਿੰਡੁ ਤੇਰੀ ਰਾਸਿ ॥ ਰਹਮ ਤੇਰੀ ਸੁਖੁ ਪਾਇਆ ਸਦਾ ਨਾਨਕ ਕੀ ਅਰਦਾਸਿ ॥੪॥੩॥ {ਪੰਨਾ ੭੨੪}

ਪਦ ਅਰਥ :—ਮਿਹਰਵਾਨੁ—ਦਇਆਲ । ਸਾਹਿਬੁ—ਮਾਲਕ । ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} । ਦੇਇ—ਦੇਂਦਾ ਹੈ ।ਰਹਾਉ।

ਡੋਲਹਿ—ਤੂੰ ਘਬਰਾਂਦਾ ਹੈਂ । ਪ੍ਰਾਣੀਆ—ਹੇ ਪ੍ਰਾਣੀ! ਤੁਧੁ—ਤੈਨੂੰ । ਸਿਰਜਣਹਾਰੁ—ਪੈਦਾ ਕਰਨ ਵਾਲਾ ਪ੍ਰਭੂ । ਜਿਨਿ—ਜਿਸ (ਪਰਮਾਤਮਾ) ਨੇ । ਤੂ—ਤੈਨੂੰ । ਆਧਾਰੁ—ਆਸਰਾ ।੧।

ਮੇਦਨੀ—ਧਰਤੀ । ਸਾਰ—ਸੰਭਾਲ । ਘਟਿ ਘਟਿ—ਹਰੇਕ ਸਰੀਰ ਵਿਚ । ਪਰਵਦਗਾਰੁ—ਪਾਲਣ ਵਾਲਾ ।੨।

ਕੀਮ—ਕੀਮਤਿ, ਮੁੱਲ । ਵੇਪਰਵਾਹੁ—ਬੇ ਮੁਥਾਜ । ਘਟ ਮਹਿ—ਸਰੀਰ ਵਿਚ । ਸਾਹੁ—ਸੁਆਸ ।੩।

ਸਮਰਥੁ—ਸਭ ਤਾਕਤਾਂ ਦਾ ਮਾਲਕ । ਅਗੋਚਰੁ—{ਅ-ਗੋ-ਚਰੁ । ਗੋ—ਗਿਆਨ ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਜੀਉ—ਜਿੰਦ । ਪਿੰਡੁ—ਸਰੀਰ । ਰਾਸਿ—ਪੂੰਜੀ, ਸਰਮਾਇਆ । ਰਹਮ—ਰਹਿਮਤ, ਕਿਰਪਾ ।੪।

ਅਰਥ :—ਹੇ ਭਾਈ! ਮੇਰਾ ਮਾਲਕ-ਪ੍ਰਭੂ ਸਦਾ ਦਇਆ ਕਰਨ ਵਾਲਾ ਹੈ, ਸਦਾ ਦਇਆ ਕਰਨ ਵਾਲਾ ਹੈ, ਸਦਾ ਦਇਆ ਕਰਨ ਵਾਲਾ ਹੈ । ਉਹ ਸਾਰੇ ਜੀਵਾਂ ਨੂੰ (ਸਭ ਪਦਾਰਥਾਂ ਦਾ) ਦਾਨ ਦੇਂਦਾ ਹੈ ।ਰਹਾਉ।

ਹੇ ਭਾਈ! ਤੂੰ ਕਿਉਂ ਘਬਰਾਂਦਾ ਹੈਂ? ਪੈਦਾ ਕਰਨ ਵਾਲਾ ਪ੍ਰਭੂ ਤੇਰੀ (ਜ਼ਰੂਰ) ਰੱਖਿਆ ਕਰੇਗਾ । ਜਿਸ (ਪ੍ਰਭੂ) ਨੇ ਤੈਨੂੰ ਪੈਦਾ ਕੀਤਾ ਹੈ, ਉਹੀ (ਸਾਰੀ ਸ੍ਰਿਸ਼ਟੀ ਨੂੰ) ਆਸਰਾ (ਭੀ) ਦੇਂਦਾ ਹੈ ।੧।

ਹੇ ਭਾਈ! ਜਿਸ ਪਰਮਾਤਮਾ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ (ਇਸ ਦੀ) ਸੰਭਾਲ ਕਰਦਾ ਹੈ । ਹਰੇਕ ਸਰੀਰ ਵਿਚ ਵੱਸਣ ਵਾਲਾ ਪ੍ਰਭੂ (ਸਾਰੇ ਜੀਵਾਂ ਦੇ) ਦਿਲਾਂ ਦਾ ਮਾਲਕ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ, ਅਤੇ, ਸਭ ਦੀ ਪਾਲਣਾ ਕਰਨ ਵਾਲਾ ਹੈ ।੨।

ਹੇ ਭਾਈ! ਉਸ ਮਾਲਕ ਦੀ ਕੁਦਰਤਿ ਦਾ ਮੁੱਲ ਨਹੀਂ ਸਮਝਿਆ ਜਾ ਸਕਦਾ, ਉਹ ਸਭ ਤੋਂ ਵੱਡਾ ਹੈ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ । ਹੇ ਬੰਦੇ! ਜਿਤਨਾ ਚਿਰ ਤੇਰੇ ਸਰੀਰ ਵਿਚ ਸੁਆਸ ਚੱਲਦਾ ਹੈ ਉਤਨਾ ਚਿਰ ਉਸ ਮਾਲਕ ਦੀ ਬੰਦਗੀ ਕਰਦਾ ਰਹੁ ।੩।

ਹੇ ਪ੍ਰਭੂ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੇਰੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ । (ਅਸਾਂ ਜੀਵਾਂ ਦਾ ਇਹ) ਸਰੀਰ ਤੇ ਜਿੰਦ ਤੇਰੀ ਹੀ ਦਿੱਤੀ ਹੋਈ ਪੂੰਜੀ ਹੈ । ਜਿਸ ਮਨੁੱਖ ਉਤੇ ਤੇਰੀ ਮਿਹਰ ਹੋਵੇ ਉਸ ਨੂੰ (ਤੇਰੇ ਦਰ ਤੋਂ ਬੰਦਗੀ ਦਾ) ਸੁਖ ਮਿਲਦਾ ਹੈ । ਨਾਨਕ ਦੀ ਭੀ ਸਦਾ ਤੇਰੇ ਦਰ ਤੇ ਇਹੀ ਅਰਦਾਸ ਹੈ (ਕਿ ਤੇਰੀ ਬੰਦਗੀ ਦਾ ਸੁਖ ਮਿਲੇ) ।੪।੩।

ਤਿਲੰਗ ਮਹਲਾ ੫ ਘਰੁ ੩ ॥ ਕਰਤੇ ਕੁਦਰਤੀ ਮੁਸਤਾਕੁ ॥ ਦੀਨ ਦੁਨੀਆ ਏਕ ਤੂ ਹੀ ਸਭ ਖਲਕ ਹੀ ਤੇ ਪਾਕੁ ॥ ਰਹਾਉ ॥ ਖਿਨ ਮਾਹਿ ਥਾਪਿ ਉਥਾਪਦਾ ਆਚਰਜ ਤੇਰੇ ਰੂਪ ॥ ਕਉਣੁ ਜਾਣੈ ਚਲਤ ਤੇਰੇ ਅੰਧਿਆਰੇ ਮਹਿ ਦੀਪ ॥੧॥ ਖੁਦਿ ਖਸਮ ਖਲਕ ਜਹਾਨ ਅਲਹ ਮਿਹਰਵਾਨ ਖੁਦਾਇ ॥ ਦਿਨਸੁ ਰੈਣਿ ਜਿ ਤੁਧੁ ਅਰਾਧੇ ਸੋ ਕਿਉ ਦੋਜਕਿ ਜਾਇ ॥੨॥ ਅਜਰਾਈਲੁ ਯਾਰੁ ਬੰਦੇ ਜਿਸੁ ਤੇਰਾ ਆਧਾਰੁ ॥ ਗੁਨਹ ਉਸ ਕੇ ਸਗਲ ਆਫੂ ਤੇਰੇ ਜਨ ਦੇਖਹਿ ਦੀਦਾਰੁ ॥੩॥ ਦੁਨੀਆ ਚੀਜ ਫਿਲਹਾਲ ਸਗਲੇ ਸਚੁ ਸੁਖੁ ਤੇਰਾ ਨਾਉ ॥ ਗੁਰ ਮਿਲਿ ਨਾਨਕ ਬੂਝਿਆ ਸਦਾ ਏਕਸੁ ਗਾਉ ॥੪॥੪॥ {ਪੰਨਾ ੭੨੪}

ਪਦ ਅਰਥ :—ਕਰਤੇ—ਹੇ ਕਰਤਾਰ! ਕੁਦਰਤੀ—ਕੁਦਰਤਿ ਦੀ ਰਾਹੀਂ, ਤੇਰੀ ਕੁਦਰਤਿ ਵੇਖ ਕੇ । ਮੁਸਤਾਕੁ—ਮੁਸ਼ਤਾਕ, (ਤੇਰੇ ਦਰਸਨ ਦਾ) ਚਾਹਵਾਨ । ਤੇ—ਤੋਂ, ਨਾਲੋਂ । ਪਾਕੁ—ਨਿਰਲੇਪ ।ਰਹਾਉ।

ਮਾਹਿ—ਵਿਚ । ਥਾਪਿ—ਬਣਾ ਕੇ, ਪੈਦਾ ਕਰ ਕੇ । ਉਥਾਪਦਾ—ਨਾਸ ਕਰ ਦੇਂਦਾ ਹੈਂ । ਆਚਰਜ—ਹੈਰਾਨ ਕਰ ਦੇਣ ਵਾਲੇ । ਚਲਤ—ਕੌਤਕ । ਦੀਪ—ਦੀਵਾ, ਚਾਨਣ ।੧।

ਖੁਦਿ—ਖ਼ੁਦਿ, ਆਪ । ਅਲਹ—ਹੇ ਅੱਲਾ! ਹੇ ਪਰਮਾਤਮਾ! ਜਹਾਨ—ਦੁਨੀਆ । ਖੁਦਾਇ—ਖ਼ੁਦਾਇ, ਪਰਮਾਤਮਾ । ਰੈਣਿ—ਰਾਤ । ਜਿ—ਜੇਹੜਾ । ਤੁਧੁ—ਤੈਨੂੰ । ਦੋਜਕਿ—ਦੋਜ਼ਕ ਵਿਚ ।੨।

ਅਜਰਾਈਲੁ—ਅਜ਼ਰਾਈਲੁ, ਮੌਤ ਦਾ ਫ਼ਰਿਸ਼ਤਾ । ਆਧਾਰੁ—ਆਸਰਾ । ਗੁਨਹ—ਗੁਨਾਹ, ਪਾਪ । ਸਗਲ—ਸਾਰੇ । ਆਫੂ—ਅਫ਼ਵ, ਬਖ਼ਸ਼ੇ ਜਾਂਦੇ ਹਨ । ਤੇਰੇ ਜਨ—ਤੇਰੇ ਦਾਸ । ਦੇਖਹਿ—ਵੇਖਦੇ ਹਨ ।੩।

ਦੁਨੀਆ ਚੀਜ—ਦੁਨੀਆ ਦੇ ਸਾਰੇ ਪਦਾਰਥ । ਫਿਲਹਾਲ—ਫ਼ਿਲ ਹਾਲ, ਹੁਣੇ ਹੁਣੇ ਵਾਸਤੇ, ਛਿਨ-ਭੰਗਰ, ਛੇਤੀ ਨਾਸ ਹੋ ਜਾਣ ਵਾਲੇ । ਸਚੁ—ਸਦਾ ਕਾਇਮ

ਰਹਿਣ ਵਾਲਾ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਏਕਸੁ—ਇੱਕ ਨੂੰ ਹੀ । ਗਾਉ—ਗਾਉਂ, ਮੈਂ ਗਾਂਦਾ ਹਾਂ ।੪।

ਅਰਥ :—ਹੇ ਕਰਤਾਰ! ਤੇਰੀ ਕੁਦਰਤਿ ਨੂੰ ਵੇਖ ਕੇ ਮੈਂ ਤੇਰੇ ਦਰਸਨ ਦਾ ਚਾਹਵਾਨ ਹੋ ਗਿਆ ਹਾਂ । ਮੇਰੀ ਦੀਨ ਅਤੇ ਦੁਨੀਆ ਦੀ ਦੌਲਤ ਇਕ ਤੂੰ ਹੀ ਹੈਂ । ਤੂੰ ਸਾਰੀ ਖ਼ਲਕਤ ਤੋਂ ਨਿਰਲੇਪ ਰਹਿੰਦਾ ਹੈਂ ।ਰਹਾਉ।

ਹੇ ਕਰਤਾਰ! ਤੂੰ ਇਕ ਛਿਨ ਵਿਚ (ਜੀਵਾਂ ਨੂੰ) ਬਣਾ ਕੇ ਨਾਸ ਭੀ ਕਰ ਦੇਂਦਾ ਹੈਂ ਤੇਰੇ ਸੂਰਪ ਹੈਰਾਨ ਕਰਨ ਵਾਲੇ ਹਨ । ਕੋਈ ਜੀਵ ਤੇਰੇ ਕੌਤਕਾਂ ਨੂੰ ਸਮਝ ਨਹੀਂ ਸਕਦਾ । (ਅਗਿਆਨਤਾ ਦੇ) ਹਨੇਰੇ ਵਿਚ (ਤੂੰ ਆਪ ਹੀ ਜੀਵਾਂ ਵਾਸਤੇ) ਚਾਨਣ ਹੈਂ ।੧।

ਹੇ ਅੱਲਾ! ਹੇ ਮਿਹਰਬਾਨ ਖ਼ੁਦਾਇ! ਸਾਰੀ ਖ਼ਲਕਤ ਦਾ ਸਾਰੇ ਜਹਾਨ ਦਾ ਤੂੰ ਆਪ ਹੀ ਮਾਲਕ ਹੈਂ । ਜੇਹੜਾ ਮਨੁੱਖ ਦਿਨ ਰਾਤ ਤੈਨੂੰ ਆਰਾਧਦਾ ਹੈ, ਉਹ ਦੋਜ਼ਕ ਵਿਚ ਕਿਵੇਂ ਜਾ ਸਕਦਾ ਹੈ? ।੨।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਮਿਲ ਜਾਂਦਾ ਹੈ, ਮੌਤ ਦਾ ਫ਼ਰਿਸ਼ਤਾ ਉਸ ਮਨੁੱਖ ਦਾ ਮਿੱਤਰ ਬਣ ਜਾਂਦਾ ਹੈ (ਉਸ ਨੂੰ ਮੌਤ ਦਾ ਡਰ ਨਹੀਂ ਰਹਿੰਦਾ) (ਕਿਉਂਕਿ) ਉਸ ਮਨੁੱਖ ਦੇ ਸਾਰੇ ਪਾਪ ਬਖ਼ਸ਼ੇ ਜਾਂਦੇ ਹਨ ।੩।

ਹੇ ਪ੍ਰਭੂ! ਦੁਨੀਆ ਦੇ (ਹੋਰ) ਸਾਰੇ ਪਦਾਰਥ ਛੇਤੀ ਨਾਸ ਹੋ ਜਾਣ ਵਾਲੇ ਹਨ । ਸਦਾ ਕਾਇਮ ਰਹਿਣ ਵਾਲਾ ਸੁਖ ਤੇਰਾ ਨਾਮ (ਹੀ ਬਖ਼ਸ਼ਦਾ ਹੈ) । ਹੇ ਨਾਨਕ! ਆਖ—ਇਹ ਗੱਲ (ਮੈਂ ਗੁਰੂ ਨੂੰ ਮਿਲ ਕੇ ਸਮਝੀ ਹੈ, ਇਸ ਵਾਸਤੇ) ਮੈਂ ਸਦਾ ਇਕ ਪਰਮਾਤਮਾ ਦਾ ਹੀ ਜਸ ਗਾਂਦਾ ਰਹਿੰਦਾ ਹਾਂ ।੪।੪।

ਤਿਲੰਗ ਮਹਲਾ ੫ ॥ ਮੀਰਾਂ ਦਾਨਾਂ ਦਿਲ ਸੋਚ ॥ ਮੁਹਬਤੇ ਮਨਿ ਤਨਿ ਬਸੈ ਸਚੁ ਸਾਹ ਬੰਦੀ ਮੋਚ ॥੧॥ ਰਹਾਉ ॥ ਦੀਦਨੇ ਦੀਦਾਰ ਸਾਹਿਬ ਕਛੁ ਨਹੀ ਇਸ ਕਾ ਮੋਲੁ ॥ ਪਾਕ ਪਰਵਦਗਾਰ ਤੂ ਖੁਦਿ ਖਸਮੁ ਵਡਾ ਅਤੋਲੁ ॥੧॥ ਦਸਤਗੀਰੀ ਦੇਹਿ ਦਿਲਾਵਰ ਤੂਹੀ ਤੂਹੀ ਏਕ ॥ ਕਰਤਾਰ ਕੁਦਰਤਿ ਕਰਣ ਖਾਲਕ ਨਾਨਕ ਤੇਰੀ ਟੇਕ ॥੨॥੫॥ {ਪੰਨਾ ੭੨੪}

ਪਦ ਅਰਥ :—ਮੀਰਾਂ—ਹੇ ਸਰਦਾਰ! ਦਾਨਾਂ—ਹੇ ਸਿਆਣੇ! ਦਿਲ ਸੋਚ—ਹੇ (ਜੀਵਾਂ ਦੇ) ਦਿਲਾਂ ਨੂੰ ਪਵਿਤ੍ਰ ਕਰਨ ਵਾਲੇ! ਸੋਚ—ਪਵਿਤ੍ਰਤਾ । ਮੁਹਬਤੇ—ਤੇਰੀ ਮੁਹੱਬਤ । ਮਨਿ—ਮਨ ਵਿਚ । ਤਨਿ—ਤਨ ਵਿਚ । ਸਚੁ ਸਾਹ—ਹੇ ਸਦਾ ਕਾਇਮ ਰਹਿਣ ਵਾਲੇ ਸ਼ਾਹ! ਬੰਦੀ ਮੋਚ—ਹੇ ਬੰਧਨਾਂ ਤੋਂ ਛੁਡਾਣ ਵਾਲੇ! ਬੰਦੀ—ਕੈਦ ।੧।ਰਹਾਉ।

ਦੀਦਨ—ਵੇਖਣਾ । ਸਾਹਿਬ—ਹੇ ਮਾਲਕ! ਇਸ ਕਾ—{ਲਫ਼ਜ਼ 'ਇਸੁ' ਦਾ _ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਪਾਕ—ਹੇ ਪਵਿਤ੍ਰ! ਪਰਵਦਗਾਰ—ਹੇ ਪਾਲਣਹਾਰ! ਖੁਦਿ—ਖ਼ੁਦਿ, ਆਪ ।੧।

ਦਸਤ—ਹੱਥ । ਦਸਤਗੀਰੀ—ਹੱਥ ਫੜਨ ਦੀ ਕ੍ਰਿਆ, ਸਹਾਇਤਾ । ਦਸਤਗੀਰੀ ਦੇਹਿ—(ਮੇਰਾ) ਹੱਥ ਫੜ, ਮੇਰੀ ਸਹਾਇਤਾ ਕਰ । ਦਿਲਾਵਰ—ਹੇ ਦਿਲਾਵਰ! ਹੇ ਸੂਰਮੇ ਪ੍ਰਭੂ! ਕਰਤਾਰ—ਹੇ ਕਰਤਾਰ! ਕੁਦਰਤਿ ਕਰਣ—ਹੇ ਕੁਦਰਤਿ ਦੇ ਰਚਨਹਾਰ! ਖਾਲਕ—ਹੇ ਖ਼ਲਕਤ ਦੇ ਮਾਲਕ! ਟੇਕ—ਆਸਰਾ ।੨।

ਅਰਥ :—ਹੇ ਸਰਦਾਰ! ਹੇ ਸਿਆਣੇ! ਹੇ (ਜੀਵਾਂ ਦੇ) ਦਿਲਾਂ ਨੂੰ ਪਵਿਤ੍ਰ ਕਰਨ ਵਾਲੇ! ਹੇ ਸਦਾ-ਥਿਰ ਸ਼ਾਹ! ਹੇ ਬੰਦਨਾਂ ਤੋਂ ਛੁਡਾਣ ਵਾਲੇ! ਤੇਰੀ ਮੁਹੱਬਤ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਵੱਸ ਰਹੀ ਹੈ ।੧।ਰਹਾਉ।

ਹੇ ਮਾਲਕ! ਤੇਰਾ ਦਰਸਨ ਕਰਨਾ (ਇਕ ਅਮੋਲਕ ਦਾਤਿ ਹੈ), ਤੇਰੇ ਇਸ (ਦਰਸਨ) ਦਾ ਕੋਈ ਮੁੱਲ ਨਹੀਂ ਕੀਤਾ ਜਾ ਸਕਦਾ । ਹੇ ਪਵਿਤ੍ਰ! ਹੇ ਪਾਲਣਹਾਰ! ਤੂੰ ਆਪ (ਸਾਡਾ) ਖਸਮ ਹੈਂ ਤੂੰ ਸਭ ਤੋਂ ਵੱਡਾ ਹੈਂ, ਤੇਰੀ ਵੱਡੀ ਹਸਤੀ ਨੂੰ ਤੋਲਿਆ ਨਹੀਂ ਜਾ ਸਕਦਾ ।੧।

ਹੇ ਸੂਰਮੇ ਪ੍ਰਭੂ! ਮੇਰੀ ਸਹਾਇਤਾ ਕਰ, ਇਕ ਤੂੰ ਹੀ (ਮੇਰਾ ਆਸਰਾ) ਹੈਂ । ਹੇ ਨਾਨਕ! (ਆਖ—) ਹੇ ਕਰਤਾਰ! ਹੇ ਕੁਦਰਤਿ ਦੇ ਰਚਨਹਾਰ! ਹੇ ਖ਼ਲਕਤ ਦੇ ਮਾਲਕ! ਮੈਨੂੰ ਤੇਰਾ ਸਹਾਰਾ ਹੈ ।੨।੫।

ਤਿਲੰਗ ਮਹਲਾ ੧ ਘਰੁ ੨

ੴ ਸਤਿਗੁਰ ਪ੍ਰਸਾਦਿ ॥ ਜਿਨਿ ਕੀਆ ਤਿਨਿ ਦੇਖਿਆ ਕਿਆ ਕਹੀਐ ਰੇ ਭਾਈ ॥ ਆਪੇ ਜਾਣੈ ਕਰੇ ਆਪਿ ਜਿਨਿ ਵਾੜੀ ਹੈ ਲਾਈ ॥੧॥ ਰਾਇਸਾ ਪਿਆਰੇ ਕਾ ਰਾਇਸਾ ਜਿਤੁ ਸਦਾ ਸੁਖੁ ਹੋਈ ॥ ਰਹਾਉ ॥ ਜਿਨਿ ਰੰਗਿ ਕੰਤੁ ਨ ਰਾਵਿਆ ਸਾ ਪਛੋ ਰੇ ਤਾਣੀ ॥ ਹਾਥ ਪਛੋੜੈ ਸਿਰੁ ਧੁਣੈ ਜਬ ਰੈਣਿ ਵਿਹਾਣੀ ॥੨॥ ਪਛੋਤਾਵਾ ਨਾ ਮਿਲੈ ਜਬ ਚੂਕੈਗੀ ਸਾਰੀ ॥ ਤਾ ਫਿਰਿ ਪਿਆਰਾ ਰਾਵੀਐ ਜਬ ਆਵੈਗੀ ਵਾਰੀ ॥੩॥ {ਪੰਨਾ ੭੨੪-੭੨੫}

ਪਦ ਅਰਥ :—ਜਿਨਿ—ਜਿਸ (ਪਰਮਾਤਮਾ) ਨੇ । ਕੀਆ—ਬਣਾਇਆ ਹੈ । ਤਿਨਿ—ਉਸ (ਪਰਮਾਤਮਾ) ਨੇ । ਦੇਖਿਆ—ਸੰਭਾਲ ਕੀਤੀ ਹੈ । ਰੇ ਭਾਈ—ਹੇ ਭਾਈ! ਕਿਆ ਕਹੀਐ—(ਉਸ ਦੀ ਜਗਤ-ਸੰਭਾਲ ਬਾਰੇ) ਕੁਝ ਕਿਹਾ ਨਹੀਂ ਜਾ ਸਕਦਾ । ਆਪੇ—ਆਪ ਹੀ । ਵਾੜੀ—ਜਗਤ-ਬਗ਼ੀਚੀ ।੧।

ਰਾਇਸਾ—{ਰਾਇਸੋ} ਜੀਵਨ-ਕਥਾ, ਪ੍ਰਸੰਗ, ਸਿਫ਼ਤਿ-ਸਾਲਾਹ ਦੀਆਂ ਗੱਲਾਂ । ਜਿਤੁ—ਜਿਸ (ਰਾਇਸੋ) ਦੀ ਰਾਹੀਂ ।ਰਹਾਉ।

ਜਿਨਿ—ਜਿਸ (ਜੀਵ-ਇਸਤ੍ਰੀ) ਨੇ । ਰੰਗਿ—ਪ੍ਰੇਮ ਵਿਚ । ਰਾਵਿਆ—ਮਾਣਿਆ, ਸਿਮਰਿਆ । ਸਾ—ਉਹ ਜੀਵ-ਇਸਤ੍ਰੀ । ਰੇ—ਹੇ ਭਾਈ! ਪਛੋਤਾਣੀ—ਪਛਤਾਂਦੀ ਹੈ । ਹਾਥ ਪਛੋੜੈ—ਹੱਥ ਮਲਦੀ ਹੈ । ਸਿਰੁ ਧੁਣੈ—ਸਿਰ ਮਾਰਦੀ ਹੈ । ਰੈਣਿ—ਰਾਤ । ਵਿਹਾਣੀ—ਬੀਤ ਜਾਂਦੀ ਹੈ ।੨।

ਚੂਕੈਗੀ—ਮੁੱਕ ਜਾਇਗੀ, ਮੁੱਕ ਜਾਂਦੀ ਹੈ । ਸਾਰੀ—ਸਾਰੀ ਉਮਰ-ਰਾਤ । ਰਾਵੀਐ—ਸਿਮਰਿਆ ਜਾ ਸਕਦਾ ਹੈ । ਜਬ—ਜਦੋਂ । ਵਾਰੀ—ਮਨੁੱਖਾ ਜਨਮ ਦੀ ਵਾਰੀ ।੩।

ਅਰਥ :—ਹੇ ਪਿਆਰੇ (ਭਾਈ)! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਕਿਉਂਕਿ ਇਸ ਦੀ ਰਾਹੀਂ ਸਦਾ ਆਤਮਕ ਆਨੰਦ ਮਿਲਦਾ ਹੈ ।ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ (ਇਹ ਜਗਤ) ਬਣਾਇਆ ਹੈ, ਉਸੇ ਨੇ ਹੀ (ਸਦਾ) ਇਸ ਦੀ ਸੰਭਾਲ ਕੀਤੀ ਹੈ । ਇਹ ਕਿਹਾ ਨਹੀਂ ਜਾ ਸਕਦਾ (ਕਿ ਉਹ ਕਿਵੇਂ ਸੰਭਾਲ ਕਰਦਾ ਹੈ) ।

ਜਿਸ ਨੇ ਇਹ ਜਗਤ-ਬਗ਼ੀਚੀ ਲਾਈ ਹੈ, ਉਹ ਆਪ ਹੀ (ਇਸ ਦੀਆਂ ਲੋੜਾਂ) ਜਾਣਦਾ ਹੈ, ਤੇ ਆਪ (ਉਹ ਲੋੜਾਂ ਪੂਰੀਆਂ) ਕਰਦਾ ਹੈ ।

ਹੇ ਭਾਈ! ਜਿਸ ਜੀਵ-ਇਸਤ੍ਰੀ ਨੇ ਪ੍ਰੇਮ ਨਾਲ ਖਸਮ-ਪ੍ਰਭੂ ਦਾ ਸਿਮਰਨ ਨਹੀਂ ਕੀਤਾ, ਉਹ ਆਖ਼ਰ ਪਛੁਤਾਂਦੀ ਹੈ । ਜਦੋਂ ਉਸ ਦੀ ਜ਼ਿੰਦਗੀ ਦੀ ਰਾਤ ਬੀਤ ਜਾਂਦੀ ਹੈ ਤਦੋਂ ਉਹ ਆਪਣੇ ਹੱਥ ਮਲਦੀ ਹੈ, ਸਿਰ ਮਾਰਦੀ ਹੈ; ੨;

(ਪਰ) ਜਦੋਂ ਜ਼ਿੰਦਗੀ ਦੀ ਸਾਰੀ ਰਾਤ ਮੁੱਕ ਜਾਏਗੀ, ਤਦੋਂ ਪਛੁਤਾਵਾ ਕੀਤਿਆਂ ਕੁਝ ਹਾਸਲ ਨਹੀਂ ਹੁੰਦਾ । ਉਸ ਪਿਆਰੇ ਪ੍ਰਭੂ ਨੂੰ ਫਿਰ ਤਦੋਂ ਹੀ ਸਿਮਰਿਆ ਜਾ ਸਕਦਾ ਹੈ, ਜਦੋਂ (ਮੁੜ ਕਦੇ) ਮਨੁੱਖਾ ਜੀਵਨ ਦੀ ਵਾਰੀ ਮਿਲੇਗੀ ।੩।

ਕੰਤੁ ਲੀਆ ਸੋਹਾਗਣੀ ਮੈ ਤੇ ਵਧਵੀ ਏਹ ॥ ਸੇ ਗੁਣ ਮੁਝੈ ਨ ਆਵਨੀ ਕੈ ਜੀ ਦੋਸੁ ਧਰੇਹ ॥੪॥ ਜਿਨੀ ਸਖੀ ਸਹੁ ਰਾਵਿਆ ਤਿਨ ਪੂਛਉਗੀ ਜਾਏ ॥ ਪਾਇ ਲਗਉ ਬੇਨਤੀ ਕਰਉ ਲੇਉਗੀ ਪੰਥੁ ਬਤਾਏ ॥੫॥ ਹੁਕਮੁ ਪਛਾਣੈ ਨਾਨਕਾ ਭਉ ਚੰਦਨੁ ਲਾਵੈ ॥ ਗੁਣ ਕਾਮਣ ਕਾਮਣਿ ਕਰੈ ਤਉ ਪਿਆਰੇ ਕਉ ਪਾਵੈ ॥੬॥ {ਪੰਨਾ ੭੨੫}

ਪਦ ਅਰਥ :—ਕੰਤੁ—ਪਤੀ-ਪ੍ਰਭੂ । ਸੋਹਾਗਣੀ—ਚੰਗੇ ਭਾਗਾਂ ਵਾਲੀਆਂ {ਸੌਭਾਗਿਨੀ} । ਮੈ ਤੇ—ਮੇਰੇ ਨਾਲੋਂ । ਤੇ—ਤੋਂ, ਨਾਲੋਂ । ਵਧਵੀ—ਚੰਗੀਆਂ । ਮੁਝੈ—ਮੇਰੇ ਅੰਦਰ, ਮੈਨੂੰ । ਆਵਨੀ—ਆਵਨਿ, ਆਉਂਦੇ, ਪੈਦਾ ਹੁੰਦੇ । ਕੈ—ਕਿਸੁ, ਕਿਸ ਉੱਤੇ? ਧਰੇਹ—ਧਰਾਂ ।੪।

ਜਿਨੀ ਸਖੀ—ਜਿਨ੍ਹਾਂ ਸਹੇਲੀਆਂ ਨੇ । ਸਹੁ—ਪਤੀ-ਪ੍ਰਭੂ । ਰਾਵਿਆ—ਸਿਮਰਿਆ । ਜਾਏ—ਜਾਇ, ਜਾ ਕੇ । ਪਾਇ—ਪੈਰੀਂ । ਲਗਉ—ਲਗਉਂ, ਮੈਂ ਲੱਗਾਂਗੀ । ਕਰਉ—ਕਰਉਂ, ਮੈਂ ਕਰਾਂਗੀ । ਪੰਥੁ—ਰਸਤਾ । ਬਤਾਏ ਲੇਉਗੀ—ਬਤਾਇ ਲੇਉਂਗੀ, ਪੁੱਛ ਲਵਾਂਗੀ ।੫।

ਭਉ—ਡਰ, ਅਦਬ । ਕਾਮਣ—ਟੂਣੇ, ਜਾਦੂ । ਕਾਮਣਿ—ਇਸਤ੍ਰੀ । ਤਉ—ਤਦੋਂ ।੬।

ਅਰਥ :—ਜਿਨ੍ਹਾਂ ਚੰਗੇ ਭਾਗਾਂ ਵਾਲੀਆਂ (ਜੀਵ-ਇਸਤ੍ਰੀਆਂ) ਨੇ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲਿਆ ਹੈ, ਉਹ ਮੈਥੋਂ ਚੰਗੀਆਂ ਹਨ, (ਜੇਹੜੇ ਗੁਣ ਉਹਨਾਂ ਦੇ ਅੰਦਰ ਹਨ) ਉਹ ਗੁਣ ਮੇਰੇ ਅੰਦਰ ਪੈਦਾ ਨਹੀਂ ਹੁੰਦੇ, (ਇਸ ਵਾਸਤੇ) ਮੈਂ ਕਿਸ ਉਤੇ ਦੋਸ਼ ਥੱਪਾਂ (ਕਿ ਮੈਨੂੰ ਪ੍ਰਭੂ-ਪਤੀ ਕਿਉਂ ਨਹੀਂ ਮਿਲਦਾ)? ।੪।

(ਹੁਣ) ਮੈਂ ਉਹਨਾਂ ਸਹੇਲੀਆਂ ਨੂੰ ਜਾ ਕੇ ਪੁੱਛਾਂਗੀ, ਜਿਨ੍ਹਾਂ ਨੇ ਪ੍ਰਭੂ-ਪਤੀ ਦਾ ਮਿਲਾਪ ਪ੍ਰਾਪਤ ਕਰ ਲਿਆ ਹੈ । ਮੈਂ ਉਹਨਾਂ ਦੇ ਚਰਨੀ ਲੱਗਾਂਗੀ, ਮੈਂ ਉਹਨਾਂ ਅੱਗੇ ਬੇਨਤੀ ਕਰਾਂਗੀ, (ਤੇ, ਉਹਨਾਂ ਪਾਸੋਂ ਪ੍ਰਭੂ-ਪਤੀ ਦੇ ਮਿਲਾਪ ਦਾ) ਰਸਤਾ ਪੁੱਛ ਲਵਾਂਗੀ ।੫।

ਹੇ ਨਾਨਕ! ਜਦੋਂ (ਜੀਵ-ਇਸਤ੍ਰੀ ਪ੍ਰਭੂ-ਪਤੀ ਦੀ) ਰਜ਼ਾ ਨੂੰ ਸਮਝ ਲੈਂਦੀ ਹੈ, ਜਦੋਂ ਉਸ ਦੇ ਡਰ-ਅਦਬ ਨੂੰ (ਜਿੰਦ ਵਾਸਤੇ ਸੁਗੰਧੀ ਬਣਾਂਦੀ ਹੈ, ਜਿਵੇਂ ਸਰੀਰ ਉਤੇ ਕੋਈ ਇਸਤ੍ਰੀ) ਚੰਦਨ ਲਾਂਦੀ ਹੈ, ਜਦੋਂ ਇਸਤ੍ਰੀ (ਪਤੀ ਨੂੰ ਵੱਸ ਕਰਨ ਵਾਸਤੇ ਆਤਮਕ) ਗੁਣਾਂ ਨੂੰ ਟੂਣੇ ਬਣਾਂਦੀ ਹੈ, ਤਦੋਂ ਉਹ ਪ੍ਰਭੂ ਪਿਆਰੇ ਦਾ ਮਿਲਾਪ ਹਾਸਲ ਕਰ ਲੈਂਦੀ ਹੈ ।੬।

ਜੋ ਦਿਲਿ ਮਿਲਿਆ ਸੁ ਮਿਲਿ ਰਹਿਆ ਮਿਲਿਆ ਕਹੀਐ ਰੇ ਸੋਈ ॥ ਜੇ ਬਹੁਤੇਰਾ ਲੋਚੀਐ ਬਾਤੀ ਮੇਲੁ ਨ ਹੋਈ ॥੭॥ ਧਾਤੁ ਮਿਲੈ ਫੁਨਿ ਧਾਤੁ ਕਉ ਲਿਵ ਲਿਵੈ ਕਉ ਧਾਵੈ ॥ ਗੁਰ ਪਰਸਾਦੀ ਜਾਣੀਐ ਤਉ ਅਨਭਉ ਪਾਵੈ ॥੮॥ ਪਾਨਾ ਵਾੜੀ ਹੋਇ ਘਰਿ ਖਰੁ ਸਾਰ ਨ ਜਾਣੈ ॥ ਰਸੀਆ ਹੋਵੈ ਮੁਸਕ ਕਾ ਤਬ ਫੂਲੁ ਪਛਾਣੈ ॥੯॥ ਅਪਿਉ ਪੀਵੈ ਜੋ ਨਾਨਕਾ ਭ੍ਰਮੁ ਭ੍ਰਮਿ ਸਮਾਵੈ ॥ ਸਹਜੇ ਸਹਜੇ ਮਿਲਿ ਰਹੈ ਅਮਰਾਪਦੁ ਪਾਵੈ ॥੧੦॥੧॥ {ਪੰਨਾ ੭੨੫}

ਪਦ ਅਰਥ :—ਦਿਲਿ—ਦਿਲ ਵਿਚ । ਰੇ—ਹੇ ਭਾਈ! ਸੋਈ—ਉਹੀ ਮਨੁੱਖ । ਲੋਚੀਐ—ਤਾਂਘ ਕਰੀਏ । ਬਾਤੀ—ਬਾਤੀਂ, ਗੱਲਾਂ ਨਾਲ । ਮੇਲੁ—ਮਿਲਾਪ ।੭।

ਧਾਤੁ—(ਸੋਨਾ ਆਦਿਕ) ਧਾਤ । ਫੁਨਿ—ਮੁੜ (ਗਲ ਕੇ) । ਕਉ—ਨੂੰ । ਲਿਵ—ਲਗਨ, ਪਿਆਰ । ਲਿਵੈ ਕਉ—ਪਿਆਰ ਵਲ ਹੀ । ਧਾਵੈ—ਦੌੜਦਾ ਹੈ । ਪਰਸਾਦੀ—ਕਿਰਪਾ ਨਾਲ ਹੀ । ਜਾਣੀਐ—ਸਮਝ ਆਉਂਦੀ ਹੈ । ਤਉ—ਤਦੋਂ । ਅਨਭਉ—ਭੈ-ਰਹਿਤ ਪ੍ਰਭੂ ।੮।

ਪਾਨਾ ਵਾੜੀ—ਪਾਨਾਂ ਦੀ ਕਿਆਰੀ । ਘਰਿ—ਘਰ ਵਿਚ । ਖਰੁ—ਖ਼ਰੁ, ਖੋਤਾ, ਮੂਰਖ ਮਨੁੱਖ । ਸਾਰ—ਕਦਰ । ਰਸੀਆ—ਪ੍ਰੇਮੀ । ਮੁਸਕ—ਮੁਸ਼ਕ, ਕਸਤੂਰੀ, ਸੁਗੰਧੀ । ਪਛਾਣੈ—ਸਾਂਝ ਪਾਂਦਾ ਹੈ ।੯।

ਅਪਿਉ—ਅੰਮ੍ਰਿਤ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਭ੍ਰਮੁ—ਭਟਕਣਾ । ਭ੍ਰਮਿ—ਭਟਕਣਾ ਵਿਚ । ਸਹਜੇ—ਆਤਮਕ ਅਡੋਲਤਾ ਵਿਚ । ਅਮਰ—ਮੌਤ ਤੋਂ ਰਹਿਤ । ਅਮਰਾ ਪਦੁ—ਉਹ ਦਰਜਾ ਜਿਥੇ ਆਤਮਕ ਮੌਤ ਨਹੀਂ ਪੁੰਹਦੀ ।੧੦।

ਅਰਥ :—ਹੇ ਭਾਈ! ਜੇਹੜਾ ਮਨੁੱਖ ਆਪਣੇ ਦਿਲ ਦੀ ਰਾਹੀਂ (ਪਰਮਾਤਮਾ ਦੇ ਚਰਨਾਂ ਵਿਚ) ਮਿਲਿਆ ਹੈ, ਉਹ ਸਦਾ ਪ੍ਰਭੂ ਨਾਲ ਮਿਲਿਆ ਰਹਿੰਦਾ ਹੈ, ਉਹੀ ਮਨੁੱਖ (ਪ੍ਰਭੂ-ਚਰਨਾਂ ਵਿਚ) ਮਿਲਿਆ ਹੋਇਆ ਆਖਿਆ ਜਾ ਸਕਦਾ ਹੈ । ਨਿਰੀਆਂ ਗੱਲਾਂ ਦੀ ਰਾਹੀਂ (ਪ੍ਰਭੂ ਨਾਲ) ਮਿਲਾਪ ਨਹੀਂ ਹੋ ਸਕਦਾ, ਭਾਵੇਂ ਕਿਤਨੀ ਹੀ ਤਾਂਘ ਕਰਦੇ ਰਹੀਏ ।੭।

ਹੇ ਭਾਈ! (ਜਿਵੇਂ ਸੋਨਾ ਆਦਿਕ) ਧਾਤ (ਕੁਠਾਲੀ ਵਿਚ ਗਲ ਕੇ) ਮੁੜ (ਹੋਰ) (ਸੋਨੇ-) ਧਾਤ ਨਾਲ ਮਿਲ ਜਾਂਦੀ ਹੈ, (ਇਸੇ ਤਰ੍ਹਾਂ) ਪਿਆਰ ਪਿਆਰ ਵਲ ਦੌੜਦਾ ਹੈ (ਖਿੱਚ ਖਾਂਦਾ ਹੈ) । ਜਦੋਂ ਗੁਰੂ ਦੀ ਕਿਰਪਾ ਨਾਲ ਇਹ ਸੂਝ ਪੈਂਦੀ ਹੈ, ਤਦੋਂ ਮਨੁੱਖ ਡਰ-ਰਹਿਤ ਪ੍ਰਭੂ ਨੂੰ ਮਿਲ ਪੈਂਦਾ ਹੈ ।੮।

ਹੇ ਭਾਈ! ਪਾਨਾਂ ਦੀ ਕਿਆਰੀ (ਹਿਰਦੇ-) ਘਰ ਵਿਚ ਲੱਗੀ ਹੋਈ ਹੈ, ਪਰ ਖੋਤਾ (ਮੂਰਖ ਮਨੁੱਖ ਇਸ ਦੀ) ਕਦਰ ਨਹੀਂ ਜਾਣਦਾ । ਜਦੋਂ ਮਨੁੱਖ ਸੁਗੰਧੀ ਦਾ ਪ੍ਰੇਮੀ ਬਣ ਜਾਂਦਾ ਹੈ, ਤਦੋਂ ਫੁਲਾਂ ਨਾਲ ਪਿਆਰ ਪਾਂਦਾ ਹੈ ।੯।

ਹੇ ਨਾਨਕ! ਜੇਹੜਾ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, ਉਸ (ਦੇ ਮਨ) ਦੀ ਭਟਕਣਾ ਅੰਦਰੇ ਅੰਦਰ ਹੀ ਮੁੱਕ ਜਾਂਦੀ ਹੈ । ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਉਹ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ ਜਿੱਥੇ ਆਤਮਕ ਮੌਤ ਨੇੜੇ ਨਹੀਂ ਢੁਕਦੀ ।੧੦।੧।

ਨੋਟ :—ਇਸ ਬਾਣੀ ਦੇ ਸ਼ੁਰੂ ਵਿਚ ਕੋਈ ਸਿਰਲੇਖ ਨਹੀਂ ਹੈ, ਪਰ ਇਹ 'ਅਸ਼ਟਪਦੀ' ਹੀ ਹੈ । ਉਂਞ, ਸਾਧਾਰਨ ਨਿਯਮ ਅਨੁਸਾਰ 'ਅਸ਼ਟਪਦੀਆਂ' ਤਦੋਂ ਹੀ ਦਰਜ ਹੁੰਦੀਆਂ ਹਨ, ਜਦੋਂ ਮਹਲਾ ੯ ਦੇ ਸ਼ਬਦ ਭੀ ਦਰਜ ਹੋ ਚੁਕਦੇ ਹਨ । ਇਸ ਰਾਗ ਵਿਚ ਮਹਲਾ ੯ ਦੇ ਸ਼ਬਦ ਅਜੇ ਅਗਾਂਹ ਆਉਣੇ ਹਨ ।

ਤਿਲੰਗ ਮਹਲਾ ੪ ॥ ਹਰਿ ਕੀਆ ਕਥਾ ਕਹਾਣੀਆ ਗੁਰਿ ਮੀਤਿ ਸੁਣਾਈਆ ॥ ਬਲਿਹਾਰੀ ਗੁਰ ਆਪਣੇ ਗੁਰ ਕਉ ਬਲਿ ਜਾਈਆ ॥੧॥ ਆਇ ਮਿਲੁ ਗੁਰਸਿਖ ਆਇ ਮਿਲੁ ਤੂ ਮੇਰੇ ਗੁਰੂ ਕੇ ਪਿਆਰੇ ॥ ਰਹਾਉ ॥ ਹਰਿ ਕੇ ਗੁਣ ਹਰਿ ਭਾਵਦੇ ਸੇ ਗੁਰੂ ਤੇ ਪਾਏ ॥ ਜਿਨ ਗੁਰ ਕਾ ਭਾਣਾ ਮੰਨਿਆ ਤਿਨ ਘੁਮਿ ਘੁਮਿ ਜਾਏ ॥੨॥ ਜਿਨ ਸਤਿਗੁਰੁ ਪਿਆਰਾ ਦੇਖਿਆ ਤਿਨ ਕਉ ਹਉ ਵਾਰੀ ॥ ਜਿਨ ਗੁਰ ਕੀ ਕੀਤੀ ਚਾਕਰੀ ਤਿਨ ਸਦ ਬਲਿਹਾਰੀ ॥੩॥ ਹਰਿ ਹਰਿ ਤੇਰਾ ਨਾਮੁ ਹੈ ਦੁਖ ਮੇਟਣਹਾਰਾ ॥ ਗੁਰ ਸੇਵਾ ਤੇ ਪਾਈਐ ਗੁਰਮੁਖਿ ਨਿਸਤਾਰਾ ॥੪॥ ਜੋ ਹਰਿ ਨਾਮੁ ਧਿਆਇਦੇ ਤੇ ਜਨ ਪਰਵਾਨਾ ॥ ਤਿਨ ਵਿਟਹੁ ਨਾਨਕੁ ਵਾਰਿਆ ਸਦਾ ਸਦਾ ਕੁਰਬਾਨਾ ॥੫॥ {ਪੰਨਾ ੭੨੫}

ਪਦ ਅਰਥ :—ਕੀਆ—ਦੀਆਂ । ਕਥਾ ਕਹਾਣੀਆ—ਸਿਫ਼ਤਿ-ਸਾਲਾਹ ਦੀਆਂ ਗੱਲਾਂ । ਗੁਰਿ—ਗੁਰੂ ਨੇ । ਮੀਤਿ—ਮਿੱਤਰ ਨੇ । ਕਉ—ਨੂੰ, ਤੋਂ । ਬਲਿ ਜਾਈਆ—ਮੈਂ ਸਦਕੇ ਜਾਂਦਾ ਹਾਂ, ਬਲਿ ਜਾਂਦੀਆਂ ।੧।

ਆਇ—ਆ ਕੇ । ਗੁਰਸਿਖ—ਹੇ ਗੁਰੂ ਦੇ ਸਿੱਖ! ।ਰਹਾਉ।

ਭਾਵਦੇ—ਚੰਗੇ ਲੱਗਦੇ ਹਨ । ਸੇ—ਉਹ ਗੁਣ (ਬਹੁ-ਵਚਨ) । ਤੇ—ਤੋਂ, ਪਾਸੋਂ । ਭਾਣਾ—ਰਜ਼ਾ । ਘੁਮਿ ਘੁਮਿ ਜਾਏ—ਘੁਮਿ ਘੁਮਿ ਜਾਈਂ, ਮੈਂ ਮੁੜ ਮੁੜ ਸਦਕੇ ਜਾਂਦਾ ਹਾਂ ।੨।

ਹਉ—ਮੈਂ, ਹਉਂ । ਵਾਰੀ—ਕੁਰਬਾਨ । ਚਾਕਰੀ—ਸੇਵਾ । ਸਦ—ਸਦਾ ।੩।

ਹਰਿ—ਹੇ ਹਰੀ! ਤੇ—ਤੋਂ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਨਿਸਤਾਰਾ—ਪਾਰ-ਉਤਾਰਾ ।੪।

ਤੇ—ਉਹ {ਬਹੁ-ਵਚਨ} । ਪਰਵਾਨਾ—ਕਬੂਲ, ਮਨਜ਼ੂਰ । ਵਿਟਹੁ—ਤੋਂ ।੫।

ਅਰਥ :—ਹੇ ਮੇਰੇ ਗੁਰੂ ਦੇ ਪਿਆਰੇ ਸਿੱਖ! ਮੈਨੂੰ ਆ ਕੇ ਮਿਲ, ਮੈਨੂੰ ਆ ਕੇ ਮਿਲ ।ਰਹਾਉ।

ਹੇ ਗੁਰਸਿੱਖ! ਮਿੱਤਰ ਗੁਰੂ ਨੇ (ਮੈਨੂੰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਈਆਂ ਹਨ । ਮੈਂ ਆਪਣੇ ਗੁਰੂ ਤੋਂ ਮੁੜ ਮੁੜ ਸਦਕੇ ਕੁਰਬਾਨ ਜਾਂਦਾ ਹਾਂ ।੧।

ਹੇ ਗੁਰਸਿੱਖ! ਪਰਮਾਤਮਾ ਦੇ ਗੁਣ (ਗਾਉਣੇ) ਪਰਮਾਤਮਾ ਨੂੰ ਪਸੰਦ ਆਉਂਦੇ ਹਨ । ਮੈਂ ਉਹ ਗੁਣ (ਗਾਉਣੇ) ਗੁਰੂ ਪਾਸੋਂ ਸਿੱਖੇ ਹਨ । ਮੈਂ ਉਹਨਾਂ (ਵਡ-ਭਾਗੀਆਂ ਤੋਂ) ਮੁੜ ਮੁੜ ਕੁਰਬਾਨ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੇ ਹੁਕਮ ਨੂੰ (ਮਿੱਠਾ ਕਰ ਕੇ) ਮੰਨਿਆ ਹੈ ।੨।

ਹੇ ਗੁਰਸਿੱਖ! ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ਸਦਾ ਸਦਕੇ ਜਾਂਦਾ ਹਾਂ, ਜਿਨ੍ਹਾਂ ਪਿਆਰੇ ਗੁਰੂ ਦਾ ਦਰਸਨ ਕੀਤਾ ਹੈ, ਜਿਨ੍ਹਾਂ ਗੁਰੂ ਦੀ (ਦੱਸੀ) ਸੇਵਾ ਕੀਤੀ ਹੈ ।੩।

ਹੇ ਹਰੀ! ਤੇਰਾ ਨਾਮ ਸਾਰੇ ਦੁੱਖ ਦੂਰ ਕਰਨ ਦੇ ਸਮਰੱਥ ਹੈ, (ਪਰ ਇਹ ਨਾਮ) ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ । ਗੁਰੂ ਦੇ ਸਨਮੁਖ ਰਿਹਾਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ ।੪।

ਹੇ ਗੁਰਸਿੱਖ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦੇ ਹਨ । ਨਾਨਕ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹੈ, ਸਦਾ ਸਦਕੇ ਜਾਂਦਾ ਹੈ ।੫।

ਸਾ ਹਰਿ ਤੇਰੀ ਉਸਤਤਿ ਹੈ ਜੋ ਹਰਿ ਪ੍ਰਭ ਭਾਵੈ ॥ ਜੋ ਗੁਰਮੁਖਿ ਪਿਆਰਾ ਸੇਵਦੇ ਤਿਨ ਹਰਿ ਫਲੁ ਪਾਵੈ ॥੬॥ ਜਿਨਾ ਹਰਿ ਸੇਤੀ ਪਿਰਹੜੀ ਤਿਨਾ ਜੀਅ ਪ੍ਰਭ ਨਾਲੇ ॥ ਓਇ ਜਪਿ ਜਪਿ ਪਿਆਰਾ ਜੀਵਦੇ ਹਰਿ ਨਾਮੁ ਸਮਾਲੇ ॥੭॥ ਜਿਨ ਗੁਰਮੁਖਿ ਪਿਆਰਾ ਸੇਵਿਆ ਤਿਨ ਕਉ ਘੁਮਿ ਜਾਇਆ ॥ ਓਇ ਆਪਿ ਛੁਟੇ ਪਰਵਾਰ ਸਿਉ ਸਭੁ ਜਗਤੁ ਛਡਾਇਆ ॥੮॥ ਗੁਰਿ ਪਿਆਰੈ ਹਰਿ ਸੇਵਿਆ ਗੁਰੁ ਧੰਨੁ ਗੁਰੁ ਧੰਨੋ ॥ ਗੁਰਿ ਹਰਿ ਮਾਰਗੁ ਦਸਿਆ ਗੁਰ ਪੁੰਨੁ ਵਡ ਪੁੰਨੋ ॥੯॥ ਜੋ ਗੁਰਸਿਖ ਗੁਰੁ ਸੇਵਦੇ ਸੇ ਪੁੰਨ ਪਰਾਣੀ ॥ ਜਨੁ ਨਾਨਕੁ ਤਿਨ ਕਉ ਵਾਰਿਆ ਸਦਾ ਸਦਾ ਕੁਰਬਾਣੀ ॥੧੦॥ {ਪੰਨਾ ੭੨੫}

ਪਦ ਅਰਥ :—ਸਾ—ਉਹ {ਇਸਤ੍ਰੀ ਲਿੰਗ} । ਹਰਿ ਪ੍ਰਭ—ਹੇ ਹਰੀ ਪ੍ਰਭੂ! ਭਾਵੈ—(ਤੈਨੂੰ) ਚੰਗੀ ਲੱਗਦੀ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਪਾਵੈ—ਦੇਂਦਾ ਹੈ ।੬।

ਸੇਤੀ—ਨਾਲ । ਪਿਰਹੜੀ—ਪ੍ਰੇਮ । ਤਿਨਾ ਜੀਅ—ਉਹਨਾਂ ਦੇ ਦਿਲ । ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} ਉਹ ਬੰਦੇ । ਜਪਿ—ਜਪ ਕੇ । ਜੀਵਦੇ—ਆਤਮਕ ਜੀਵਨ ਹਾਸਲ ਕਰਦੇ ਹਨ । ਸਮਾਲੇ—ਸਮਾਲਿ, ਹਿਰਦੇ ਵਿਚ ਸੰਭਾਲ ਕੇ ।੭।

ਕਉ—ਨੂੰ, ਤੋਂ । ਘੁਮਿ ਜਾਇਆ—ਮੈਂ ਸਦਕੇ ਜਾਂਦਾ ਹਾਂ । ਸਿਉ—ਸਮੇਤ । ਸਭੁ—ਸਾਰਾ ।੮।

ਗੁਰਿ ਪਿਆਰੈ—ਪਿਆਰੇ ਗੁਰੂ ਦੀ ਰਾਹੀਂ । ਧੰਨੁ—{ਧੰਨ੍ਯ} ਸਲਾਹੁਣ-ਜੋਗ । ਗੁਰਿ—ਗੁਰੂ ਨੇ । ਮਾਰਗੁ—ਰਸਤਾ । ਗੁਰ ਪੁੰਨੁ—ਗੁਰੂ ਦਾ ਉਪਕਾਰ ।੯।

ਗੁਰਸਿਖ—ਗੁਰੂ ਦੇ ਸਿੱਖ । ਪੁੰਨ—{ਵਿਸ਼ੇਸ਼ਣ} ਪਵਿਤ੍ਰ, ਭਾਗਾਂ ਵਾਲੇ । ਸੇ ਪਰਾਣੀ—ਉਹ ਬੰਦੇ ।੧੦।

ਅਰਥ :—ਹੇ ਹਰੀ! ਹੇ ਪ੍ਰਭੂ! ਉਹੀ ਸਿਫ਼ਤਿ-ਸਾਲਾਹ ਤੇਰੀ ਸਿਫ਼ਤਿ-ਸਾਲਾਹ ਕਹੀ ਜਾ ਸਕਦੀ ਹੈ ਜੇਹੜੀ ਤੈਨੂੰ ਪਸੰਦ ਆ ਜਾਂਦੀ ਹੈ । (ਹੇ ਭਾਈ!) ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪਿਆਰੇ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ, ਉਹਨਾਂ ਨੂੰ ਪ੍ਰਭੂ (ਸੁਖ-) ਫਲ ਦੇਂਦਾ ਹੈ ।੬।

ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਪਰਮਾਤਮਾ ਨਾਲ ਪਿਆਰ ਪੈ ਜਾਂਦਾ ਹੈ, ਉਹਨਾਂ ਦੇ ਦਿਲ (ਸਦਾ) ਪ੍ਰਭੂ (ਦੇ ਚਰਨਾਂ) ਨਾਲ ਹੀ (ਜੁੜੇ ਰਹਿੰਦੇ) ਹਨ । ਉਹ ਮਨੁੱਖ ਪਿਆਰੇ ਪ੍ਰਭੂ ਨੂੰ ਸਦਾ ਸਿਮਰ ਸਿਮਰ ਕੇ, ਪ੍ਰਭੂ ਦਾ ਨਾਮ ਹਿਰਦੇ ਵਿਚ ਸੰਭਾਲ ਕੇ ਆਤਮਕ ਜੀਵਨ ਹਾਸਲ ਕਰਦੇ ਹਨ ।੭।

ਹੇ ਭਾਈ! ਮੈਂ ਉਹਨਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਪਿਆਰੇ ਪ੍ਰਭੂ ਦੀ ਸੇਵਾ-ਭਗਤੀ ਕੀਤੀ ਹੈ । ਉਹ ਮਨੁੱਖ ਆਪ (ਆਪਣੇ) ਪਰਵਾਰ ਸਮੇਤ (ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਬਚ ਗਏ, ਉਹਨਾਂ ਸਾਰਾ ਸੰਸਾਰ ਭੀ ਬਚਾ ਲਿਆ ਹੈ ।੮।

ਹੇ ਭਾਈ! ਗੁਰੂ ਸਲਾਹੁਣ-ਜੋਗ ਹੈ, ਗੁਰੂ ਸਲਾਹੁਣ-ਜੋਗ ਹੈ, ਪਿਆਰੇ ਗੁਰੂ ਦੀ ਰਾਹੀਂ (ਹੀ) ਮੈਂ ਪਰਮਾਤਮਾ ਦੀ ਸੇਵਾ-ਭਗਤੀ ਸ਼ੁਰੂ ਕੀਤੀ ਹੈ । ਮੈਨੂੰ ਗੁਰੂ ਨੇ (ਹੀ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਦੱਸਿਆ ਹੈ । ਗੁਰੂ ਦਾ (ਮੇਰੇ ਉਤੇ ਇਹ) ਉਪਕਾਰ ਹੈ, ਵੱਡਾ ਉਪਕਾਰ ਹੈ ।੯।

ਹੇ ਭਾਈ! ਗੁਰੂ ਦੇ ਜੇਹੜੇ ਸਿੱਖ ਗੁਰੂ ਦੀ (ਦੱਸੀ) ਸੇਵਾ ਕਰਦੇ ਹਨ, ਉਹ ਭਾਗਾਂ ਵਾਲੇ ਹੋ ਗਏ ਹਨ । ਦਾਸ ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ, ਸਦਾ ਹੀ ਕੁਰਬਾਨ ਜਾਂਦਾ ਹੈ ।੧੦।

ਗੁਰਮੁਖਿ ਸਖੀ ਸਹੇਲੀਆ ਸੇ ਆਪਿ ਹਰਿ ਭਾਈਆ ॥ ਹਰਿ ਦਰਗਹ ਪੈਨਾਈਆ ਹਰਿ ਆਪਿ ਗਲਿ ਲਾਈਆ ॥੧੧॥ ਜੋ ਗੁਰਮੁਖਿ ਨਾਮੁ ਧਿਆਇਦੇ ਤਿਨ ਦਰਸਨੁ ਦੀਜੈ ॥ ਹਮ ਤਿਨ ਕੇ ਚਰਣ ਪਖਾਲਦੇ ਧੂੜਿ ਘੋਲਿ ਘੋਲਿ ਪੀਜੈ ॥੧੨॥ ਪਾਨ ਸੁਪਾਰੀ ਖਾਤੀਆ ਮੁਖਿ ਬੀੜੀਆ ਲਾਈਆ ॥ ਹਰਿ ਹਰਿ ਕਦੇ ਨ ਚੇਤਿਓ ਜਮਿ ਪਕੜਿ ਚਲਾਈਆ ॥੧੩॥ ਜਿਨ ਹਰਿ ਨਾਮਾ ਹਰਿ ਚੇਤਿਆ ਹਿਰਦੈ ਉਰਿ ਧਾਰੇ ॥ ਤਿਨ ਜਮੁ ਨੇੜਿ ਨ ਆਵਈ ਗੁਰਸਿਖ ਗੁਰ ਪਿਆਰੇ ॥੧੪॥ ਹਰਿ ਕਾ ਨਾਮੁ ਨਿਧਾਨੁ ਹੈ ਕੋਈ ਗੁਰਮੁਖਿ ਜਾਣੈ ॥ ਨਾਨਕ ਜਿਨ ਸਤਿਗੁਰੁ ਭੇਟਿਆ ਰੰਗਿ ਰਲੀਆ ਮਾਣੈ ॥੧੫॥ {ਪੰਨਾ ੭੨੬}

ਪਦ ਅਰਥ :—ਸਖੀ—ਸਖੀਆਂ, ਸਹੇਲੀਆਂ । ਸੇ—ਉਹ ਸਖੀਆਂ । ਭਾਈਆ—ਭਾਈਆਂ, ਪਿਆਰੀਆਂ ਲੱਗੀਆਂ । ਪੈਨਾਈਆ—ਪੈਨਾਈਆਂ, ਸਤਕਾਰੀਆਂ ਗਈਆਂ, ਉਹਨਾਂ ਨੂੰ ਸਿਰੋਪਾ ਮਿਲਿਆ । ਗਲਿ—ਗਲ ਨਾਲ । ਲਾਈਆ—ਲਾਈਆਂ ।੧੧।

ਦੀਜੈ—ਕਿਰਪਾ ਕਰ ਕੇ ਦੇਹ । ਪਖਾਲਦੇ—ਧੋਂਦੇ ਹਾਂ । ਘੋਲਿ—ਘੋਲ ਕੇ ।੧੨।

ਖਾਤੀਆ—ਖਾਤੀਆਂ, ਖਾਂਦੀਆਂ । ਮੁਖਿ—ਮੂੰਹ ਵਿਚ । ਬੀੜੀਆ—ਬੀੜੀਆਂ, ਪਾਨਾਂ ਦੀਆਂ ਬੀੜੀਆਂ । ਜਮਿ—ਜਮ ਨੇ, ਮੌਤ ਨੇ । ਪਕੜਿ—ਫੜ ਕੇ ।੧੩।

ਹਿਰਦੈ—ਹਿਰਦੇ ਵਿਚ । ਉਰਿ—ਹਿਰਦੇ ਵਿਚ । ਧਾਰੇ—ਧਾਰਿ, ਧਾਰ ਕੇ । ਜਮੁ—ਮੌਤ, ਮੌਤ ਦਾ ਡਰ । ਆਵਈ—ਆਵਏ, ਆਵੈ, ਆਉਂਦਾ ।੧੪।

ਨਿਧਾਨੁ—ਖ਼ਜ਼ਾਨਾ । ਕੋਈ—ਕੋਈ ਵਿਰਲਾ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲਾ ਮਨੁੱਖ । ਭੇਟਿਆ—ਮਿਲ ਪਿਆ । ਰੰਗਿ—ਪ੍ਰੇਮ-ਰੰਗ ਵਿਚ । ਮਾਣੈ—ਮਾਣਦਾ ਹੈ । ਨਾਨਕ—ਹੇ ਨਾਨਕ! ।੧੫।

ਅਰਥ :—ਹੇ ਭਾਈ! ਗੁਰੂ ਦੀ ਸਰਨ ਪੈ ਕੇ (ਪਰਸਪਰ ਪ੍ਰੇਮ ਨਾਲ ਰਹਿਣ ਵਾਲੀਆਂ ਸਤ-ਸੰਗੀ) ਸਹੇਲੀਆਂ (ਐਸੀਆਂ ਹੋ ਜਾਂਦੀਆਂ ਹਨ ਕਿ) ਉਹ ਆਪ ਪ੍ਰਭੂ ਨੂੰ ਪਿਆਰੀਆਂ ਲੱਗਦੀਆਂ ਹਨ । ਪਰਮਾਤਮਾ ਦੀ ਹਜ਼ੂਰੀ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ, ਪਰਮਾਤਮਾ ਨੇ ਉਹਨਾਂ ਨੂੰ ਆਪ ਆਪਣੇ ਗਲ ਨਾਲ (ਸਦਾ) ਲਾ ਲਿਆ ਹੈ ।੧੧।

ਹੇ ਪ੍ਰਭੂ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਤੇਰਾ) ਨਾਮ ਸਿਮਰਦੇ ਹਨ, ਉਹਨਾਂ ਦਾ ਮੈਨੂੰ ਦਰਸਨ ਬਖ਼ਸ਼ । ਮੈਂ ਉਹਨਾਂ ਦੇ ਚਰਨ ਧੋਂਦਾ ਰਹਾਂ, ਤੇ, ਉਹਨਾਂ ਦੀ ਚਰਨ-ਧੂੜ ਘੋਲ ਘੋਲ ਕੇ ਪੀਂਦਾ ਰਹਾਂ ।੧੨।

ਹੇ ਭਾਈ! ਜੇਹੜੀਆਂ ਜੀਵ-ਇਸਤ੍ਰੀਆਂ ਪਾਨ ਸੁਪਾਰੀ ਆਦਿਕ ਖਾਂਦੀਆਂ ਰਹਿੰਦੀਆਂ ਹਨ, ਮੂੰਹ ਵਿਚ ਪਾਨ ਚਬਾਂਦੀਆਂ ਰਹਿੰਦੀਆਂ ਹਨ (ਭਾਵ, ਸਦਾ ਪਦਾਰਥਾਂ ਦੇ ਭੋਗਾਂ ਵਿਚ ਮਸਤ ਹਨ), ਤੇ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਕਦੇ ਭੀ ਨਾਹ ਸਿਮਰਿਆ, ਉਹਨਾਂ ਨੂੰ ਮੌਤ (ਦੇ ਗੇੜ) ਨੇ ਫੜ ਕੇ (ਸਦਾ ਲਈ) ਅੱਗੇ ਲਾ ਲਿਆ (ਉਹ ਚੌਰਾਸੀ ਦੇ ਗੇੜ ਵਿਚ ਪੈ ਗਈਆਂ) ।੧੩।

ਹੇ ਭਾਈ! ਜਿਨ੍ਹਾਂ ਆਪਣੇ ਮਨ ਵਿਚ ਹਿਰਦੇ ਵਿਚ ਟਿਕਾ ਕੇ ਪਰਮਾਤਮਾ ਦਾ ਨਾਮ ਸਿਮਰਿਆ, ਉਹਨਾਂ ਗੁਰੂ ਦੇ ਪਿਆਰੇ ਗੁਰਸਿੱਖਾਂ ਦੇ ਨੇੜੇ ਮੌਤ (ਦਾ ਡਰ) ਨਹੀਂ ਆਉਂਦਾ ।੧੪।

ਹੇ ਭਾਈ! ਪਰਮਾਤਮਾ ਦਾ ਨਾਮ ਖ਼ਜ਼ਾਨਾ ਹੈ, ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ (ਨਾਮ ਨਾਲ) ਸਾਂਝ ਪਾਂਦਾ ਹੈ । ਹੇ ਨਾਨਕ! (ਆਖ—) ਜਿਨ੍ਹਾਂ

ਮਨੁੱਖਾਂ ਨੂੰ ਗੁਰੂ ਮਿਲ ਪੈਂਦਾ ਹੈ, ਉਹ (ਹਰੇਕ ਮਨੁੱਖ) ਹਰਿ-ਨਾਮ ਦੇ ਪ੍ਰੇਮ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ ।੧੫।

ਸਤਿਗੁਰੁ ਦਾਤਾ ਆਖੀਐ ਤੁਸਿ ਕਰੇ ਪਸਾਓ ॥ ਹਉ ਗੁਰ ਵਿਟਹੁ ਸਦ ਵਾਰਿਆ ਜਿਨਿ ਦਿਤੜਾ ਨਾਓ ॥੧੬॥ ਸੋ ਧੰਨੁ ਗੁਰੂ ਸਾਬਾਸਿ ਹੈ ਹਰਿ ਦੇਇ ਸਨੇਹਾ ॥ ਹਉ ਵੇਖਿ ਵੇਖਿ ਗੁਰੂ ਵਿਗਸਿਆ ਗੁਰ ਸਤਿਗੁਰ ਦੇਹਾ ॥੧੭॥ ਗੁਰ ਰਸਨਾ ਅੰਮ੍ਰਿਤੁ ਬੋਲਦੀ ਹਰਿ ਨਾਮਿ ਸੁਹਾਵੀ ॥ ਜਿਨ ਸੁਣਿ ਸਿਖਾ ਗੁਰੁ ਮੰਨਿਆ ਤਿਨਾ ਭੁਖ ਸਭ ਜਾਵੀ ॥੧੮॥ ਹਰਿ ਕਾ ਮਾਰਗੁ ਆਖੀਐ ਕਹੁ ਕਿਤੁ ਬਿਧਿ ਜਾਈਐ ॥ ਹਰਿ ਹਰਿ ਤੇਰਾ ਨਾਮੁ ਹੈ ਹਰਿ ਖਰਚੁ ਲੈ ਜਾਈਐ ॥੧੯॥ ਜਿਨ ਗੁਰਮੁਖਿ ਹਰਿ ਆਰਾਧਿਆ ਸੇ ਸਾਹ ਵਡ ਦਾਣੇ ॥ ਹਉ ਸਤਿਗੁਰ ਕਉ ਸਦ ਵਾਰਿਆ ਗੁਰ ਬਚਨਿ ਸਮਾਣੇ ॥੨੦॥ ਤੂ ਠਾਕੁਰੁ ਤੂ ਸਾਹਿਬੋ ਤੂ ਹੈ ਮੇਰਾ ਮੀਰਾ ॥ ਤੁਧੁ ਭਾਵੈ ਤੇਰੀ ਬੰਦਗੀ ਤੂ ਗੁਣੀ ਗਹੀਰਾ ॥੨੧॥ ਆਪੇ ਹਰਿ ਇਕ ਰੰਗੁ ਹੈ ਆਪੇ ਬਹੁ ਰੰਗੀ ॥ ਜੋ ਤਿਸੁ ਭਾਵੈ ਨਾਨਕਾ ਸਾਈ ਗਲ ਚੰਗੀ ॥੨੨॥੨॥ {ਪੰਨਾ ੭੨੬}

ਪਦ ਅਰਥ :—ਦਾਤਾ—(ਨਾਮ ਦੀ ਦਾਤਿ) ਦੇਣ ਵਾਲਾ । ਆਖੀਐ—ਆਖਣਾ ਚਾਹੀਦਾ ਹੈ । ਤੁਸਿ—ਤ੍ਰੁੱਠ ਕੇ । ਪਸਾਓ—ਪ੍ਰਸਾਦੁ, ਕਿਰਪਾ । ਹਉ—ਮੈਂ । ਵਿਟਹੁ—ਤੋਂ । ਵਾਰਿਆ—ਕੁਰਬਾਨ । ਜਿਨਿ—ਜਿਸ (ਗੁਰੂ) ਨੇ । ਨਾਓ—ਨਾਉ, ਨਾਮ ।੧੬।

ਧੰਨੁ—ਸਲਾਹੁਣ-ਜੋਗ । ਦੇਇ—ਦੇਂਦਾ ਹੈ । ਸਨੇਹਾ—ਉਪਦੇਸ਼ । ਵੇਖਿ—ਵੇਖ ਕੇ । ਵਿਗਸਿਆ—ਖਿੜ ਪਿਆ ਹਾਂ । ਗੁਰ ਦੇਹਾ—ਗੁਰੂ ਦਾ ਸਰੀਰ ।੧੭।

ਰਸਨਾ—ਜੀਭ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ । ਨਾਮਿ—ਨਾਮ ਦੀ ਰਾਹੀਂ । ਸੁਹਾਵੀ—ਸੋਹਣੀ । ਜਿਨ—ਜਿਨ੍ਹਾਂ ਨੇ {ਲਫ਼ਜ਼ 'ਜਿਨਿ' ਅਤੇ 'ਜਿਨ' ਦਾ ਫ਼ਰਕ ਵੇਖੋ} । ਸਿਖਾ—ਸਿੱਖਾਂ (ਨੇ) । ਜਾਵੀ—ਦੂਰ ਹੋ ਜਾਂਦੀ ਹੈ ।੧੮।

ਮਾਰਗੁ—ਰਸਤਾ । ਕਹੁ—ਦੱਸੋ । ਕਿਤੁ ਬਿਧਿ—ਕਿਸ ਤਰੀਕੇ ਨਾਲ? ।੧੯।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸੇ—ਉਹ {ਬਹੁ-ਵਚਨ} । ਸਾਹ—ਸ਼ਾਹ । ਦਾਣੇ—ਸਿਆਣੇ, ਦਾਨੇ । ਸਦ—ਸਦਾ । ਗੁਰ ਬਚਨਿ—ਗੁਰੂ ਦੇ ਬਚਨ ਦੀ ਰਾਹੀਂ ।੨੦।

ਸਾਹਿਬੋ—ਸਾਹਿਬੁ, ਮਾਲਕ । ਮੀਰਾ—ਸਰਦਾਰ, ਪਾਤਿਸ਼ਾਹ । ਤੁਧੁ—ਤੈਨੂੰ । ਗੁਣੀ—ਗੁਣਾਂ ਦਾ ਮਾਲਕ । ਗਹੀਰਾ—ਡੂੰਘੇ ਜਿਗਰੇ ਵਾਲਾ ।੨੧।

ਆਪੇ—ਆਪ ਹੀ । ਇਕ ਰੰਗੁ—ਇਕ ਸਰੂਪ ਵਾਲਾ । ਬਹੁ ਰੰਗੀ—ਅਨੇਕਾਂ ਸਰੂਪਾਂ ਵਾਲਾ ।੨੨।

ਅਰਥ :—ਹੇ ਭਾਈ! ਗੁਰੂ ਨੂੰ (ਹੀ ਨਾਮ ਦੀ ਦਾਤਿ) ਦੇਣ ਵਾਲਾ ਆਖਣਾ ਚਾਹੀਦਾ ਹੈ । ਗੁਰੂ ਤ੍ਰੁੱਠ ਕੇ (ਨਾਮ ਦੇਣ ਦੀ) ਕਿਰਪਾ ਕਰਦਾ ਹੈ । ਮੈਂ (ਤਾਂ) ਸਦਾ ਗੁਰੂ ਤੋਂ (ਹੀ) ਕੁਰਬਾਨ ਜਾਂਦਾ ਹਾਂ, ਜਿਸ ਨੇ (ਮੈਨੂੰ) ਪਰਮਾਤਮਾ ਦਾ ਨਾਮ ਦਿੱਤਾ ਹੈ ।੧੬।

ਹੇ ਭਾਈ! ਉਹ ਗੁਰੂ ਸਲਾਹੁਣ-ਜੋਗ ਹੈ, ਉਸ ਗੁਰੂ ਦੀ ਵਡਿਆਈ ਕਰਨੀ ਚਾਹੀਦੀ ਹੈ, ਜੇਹੜਾ ਪਰਮਾਤਮਾ ਦਾ ਨਾਮ ਜਪਣ ਦਾ ਉਪਦੇਸ਼ ਦੇਂਦਾ ਹੈ । ਮੈਂ (ਤਾਂ) ਗੁਰੂ ਨੂੰ ਵੇਖ ਵੇਖ ਕੇ ਗੁਰੂ ਦਾ (ਸੋਹਣਾ) ਸਰੀਰ ਵੇਖ ਕੇ ਖਿੜ ਰਿਹਾ ਹਾਂ ।੧੭।

ਹੇ ਭਾਈ! ਗੁਰੂ ਦੀ ਜੀਭ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਉਚਾਰਦੀ ਹੈ, ਹਰਿ-ਨਾਮ (ਉਚਾਰਨ ਦੇ ਕਾਰਨ ਸੋਹਣੀ ਲੱਗਦੀ ਹੈ । ਜਿਨ੍ਹਾਂ ਭੀ ਸਿੱਖਾਂ ਨੇ (ਗੁਰੂ ਦਾ ਉਪਦੇਸ਼) ਸੁਣ ਕੇ ਗੁਰੂ ਉੱਤੇ ਯਕੀਨ ਲਿਆਂਦਾ ਹੈ, ਉਹਨਾਂ ਦੀ (ਮਾਇਆ ਦੀ) ਸਾਰੀ ਭੁੱਖ ਦੂਰ ਹੋ ਗਈ ਹੈ ।੧੮।

ਹੇ ਭਾਈ! (ਹਰਿ-ਨਾਮ ਸਿਮਰਨ ਹੀ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਕਿਹਾ ਜਾਂਦਾ ਹੈ । ਹੇ ਭਾਈ! ਦੱਸ, ਕਿਸ ਤਰੀਕੇ ਨਾਲ (ਇਸ ਰਸਤੇ ਉੱਤੇ) ਤੁਰ ਸਕੀਦਾ ਹੈ? ਹੇ ਪ੍ਰਭੂ! ਤੇਰਾ ਨਾਮ ਹੀ (ਰਸਤੇ ਦਾ) ਖ਼ਰਚ ਹੈ, ਇਹ ਖ਼ਰਚ ਪੱਲੇ ਬੰਨ੍ਹ ਕੇ (ਇਸ ਰਸਤੇ ਉੱਤੇ) ਤੁਰਨਾ ਚਾਹੀਦਾ ਹੈ ।੧੯।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਹੈ ਉਹ ਵੱਡੇ ਸਿਆਣੇ ਸ਼ਾਹ ਬਣ ਗਏ ਹਨ । ਮੈਂ ਸਦਾ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਗੁਰੂ ਦੇ ਬਚਨ ਦੀ ਰਾਹੀਂ (ਪਰਮਾਤਮਾ ਦੇ ਨਾਮ ਵਿਚ) ਲੀਨ ਹੋ ਸਕੀਦਾ ਹੈ ।੨੦।

ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ ਤੂੰ ਮੇਰਾ ਸਾਹਿਬ ਹੈਂ, ਤੂੰ ਹੀ ਮੇਰਾ ਪਾਤਿਸ਼ਾਹ ਹੈਂ । ਜੇ ਤੈਨੂੰ ਪਸੰਦ ਆਵੇ, ਤਾਂ ਹੀ ਤੇਰੀ ਭਗਤੀ ਕੀਤੀ ਜਾ ਸਕਦੀ ਹੈ । ਤੂੰ ਗੁਣਾਂ ਦਾ ਖ਼ਜ਼ਾਨਾ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ ।੨੧।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਆਪ ਹੀ (ਨਿਰਗੁਣ ਸਰੂਪ ਵਿਚ) ਇਕੋ ਇਕ ਹਸਤੀ ਹੈ, ਤੇ, ਆਪ ਹੀ (ਸਰਗੁਣ ਸਰੂਪ ਵਿਚ) ਅਨੇਕਾਂ ਰੂਪਾਂ ਵਾਲਾ ਹੈ । ਜੇਹੜੀ ਗੱਲ ਉਸ ਨੂੰ ਚੰਗੀ ਲੱਗਦੀ ਹੈ, ਉਹੀ ਗੱਲ ਜੀਵਾਂ ਦੇ ਭਲੇ ਵਾਸਤੇ ਹੁੰਦੀ ਹੈ ।੨੨।੨।

ਤਿਲੰਗ ਮਹਲਾ ੯ ਕਾਫੀ

ੴ ਸਤਿਗੁਰ ਪ੍ਰਸਾਦਿ ॥ ਚੇਤਨਾ ਹੈ ਤਉ ਚੇਤ ਲੈ ਨਿਸਿ ਦਿਨਿ ਮੈ ਪ੍ਰਾਨੀ ॥ ਛਿਨੁ ਛਿਨੁ ਅਉਧ ਬਿਹਾਤੁ ਹੈ ਫੂਟੈ ਘਟ ਜਿਉ ਪਾਨੀ ॥੧॥ ਰਹਾਉ ॥ ਹਰਿ ਗੁਨ ਕਾਹਿ ਨ ਗਾਵਹੀ ਮੂਰਖ ਅਗਿਆਨਾ ॥ ਝੂਠੈ ਲਾਲਚਿ ਲਾਗਿ ਕੈ ਨਹਿ ਮਰਨੁ ਪਛਾਨਾ ॥੧॥ ਅਜਹੂ ਕਛੁ ਬਿਗਰਿਓ ਨਹੀ ਜੋ ਪ੍ਰਭ ਗੁਨ ਗਾਵੈ ॥ ਕਹੁ ਨਾਨਕ ਤਿਹ ਭਜਨ ਤੇ ਨਿਰਭੈ ਪਦੁ ਪਾਵੈ ॥੨॥੧॥ {ਪੰਨਾ ੭੨੬}

ਨੋਟ :—ਕਾਫੀ ਇਕ ਰਾਗਣੀ ਦਾ ਨਾਮ ਹੈ । ਇਹਨਾਂ ਸ਼ਬਦਾਂ ਨੂੰ ਤਿਲੰਗ ਅਤੇ ਕਾਫੀ ਦੋਹਾਂ ਮਿਲਵੇਂ ਰਾਗਾਂ ਵਿਚ ਗਾਣਾ ਹੈ ।

ਪਦ ਅਰਥ :—ਤਉ—ਤਾਂ । ਨਿਸਿ—ਰਾਤ । ਦਿਨਿ ਮੈ—ਦਿਨ ਵਿਚ । ਨਿਸ ਦਿਨ ਮਹਿ—ਰਾਤ ਦਿਨ ਵਿਚ, ਰਾਤ ਦਿਨ ਇੱਕ ਕਰ ਕੇ । ਪ੍ਰਾਨੀ—ਹੇ ਮਨੁੱਖ! ਅਉਧ—ਉਮਰ । ਬਿਹਾਤੁ ਹੈ—ਬੀਤਦੀ ਜਾ ਰਹੀ ਹੈ । ਜਿਉ—ਜਿਵੇਂ । ਫੂਟੈ ਘਟ—ਫੁੱਟੇ ਹੋਏ ਘੜੇ ਵਿਚੋਂ ।੧।

ਕਾਹਿ—ਕਿਉਂ? ਗਾਵਹੀ—ਗਾਵਹਿ, ਤੂੰ ਗਾਂਦਾ । ਮੂਰਖ—ਹੇ ਮੂਰਖ! ਅਗਿਆਨਾ—ਹੇ ਗਿਆਨ-ਹੀਣ! ਲਾਲਚਿ—ਲਾਲਚ ਵਿਚ । ਲਾਗਿ ਕੈ—ਫਸ ਕੇ । ਮਰਨੁ—ਮੌਤ ।੧।

ਅਜਹੂ—ਅਜੇ ਭੀ । ਜੋ—ਜੇ । ਗਾਵੈ—ਗਾਣੇ ਸ਼ੁਰੂ ਕਰ ਦੇਵੇ । ਕਹੁ—ਆਖ । ਨਾਨਕ—ਹੇ ਨਾਨਕ! ਤਿਹ ਭਜਨ ਤੇ—ਉਸ ਪਰਮਾਤਮਾ ਦੇ ਭਜਨ ਨਾਲ । ਤਿਹ—ਤਿਸੁ । ਤੇ—ਤੋਂ, ਨਾਲ । ਨਿਰਭੈ ਪਦੁ—ਉਹ ਆਤਮਕ ਦਰਜਾ ਜਿਥੇ ਕੋਈ ਡਰ ਪੋਹ ਨਹੀਂ ਸਕਦਾ । ਪਾਵੈ—ਪ੍ਰਾਪਤ ਕਰ ਲੈਂਦਾ ਹੈ ।੨।

ਅਰਥ :—ਹੇ ਮਨੁੱਖ! ਜੇ ਤੂੰ ਪਰਮਾਤਮਾ ਦਾ ਨਾਮ ਸਿਮਰਨਾ ਹੈ, ਤਾਂ ਦਿਨ ਰਾਤ ਇੱਕ ਕਰ ਕੇ ਸਿਮਰਨਾ ਸ਼ੁਰੂ ਕਰ ਦੇ, (ਕਿਉਂਕਿ) ਜਿਵੇਂ ਤ੍ਰੇੜੇ ਹੋਏ ਘੜੇ ਵਿਚੋਂ ਪਾਣੀ (ਸਹਜੇ ਸਹਜੇ ਨਿਕਲਦਾ ਰਹਿੰਦਾ ਹੈ, ਤਿਵੇਂ ਹੀ) ਇਕ ਇਕ ਛਿਨ ਕਰ ਕੇ ਉਮਰ ਬੀਤਦੀ ਜਾ ਰਹੀ ਹੈ ।੧।ਰਹਾਉ।

ਹੇ ਮੂਰਖ! ਹੇ ਬੇ-ਸਮਝ! ਤੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਕਿਉਂ ਨਹੀਂ ਗਾਂਦਾ? ਮਾਇਆ ਦੇ ਝੂਠੇ ਲਾਲਚ ਵਿਚ ਫਸ ਕੇ ਤੂੰ ਮੌਤ ਨੂੰ (ਭੀ) ਚੇਤੇ ਨਹੀਂ ਕਰਦਾ ।੧।

ਪਰ, ਹੇ ਨਾਨਕ! ਆਖ—ਜੇ ਮਨੁੱਖ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦੇਵੇ (ਭਾਵੇਂ ਸਿਮਰਨ-ਹੀਨਤਾ ਵਿਚ ਕਿਤਨੀ ਭੀ ਉਮਰ ਗੁਜ਼ਰ ਚੁਕੀ ਹੋਵੇ) ਫਿਰ ਭੀ ਕੋਈ ਨੁਕਸਾਨ ਨਹੀਂ ਹੁੰਦਾ, (ਕਿਉਂਕਿ) ਉਸ ਪਰਮਾਤਮਾ ਦੇ ਭਜਨ ਦੀ ਬਰਕਤਿ ਨਾਲ ਮਨੁੱਖ ਉਹ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ, ਜਿੱਥੇ ਕੋਈ ਡਰ ਪੋਹ ਨਹੀਂ ਸਕਦਾ ।੨।੧।

ਤਿਲੰਗ ਮਹਲਾ ੯ ॥ ਜਾਗ ਲੇਹੁ ਰੇ ਮਨਾ ਜਾਗ ਲੇਹੁ ਕਹਾ ਗਾਫਲ ਸੋਇਆ ॥ ਜੋ ਤਨੁ ਉਪਜਿਆ ਸੰਗ ਹੀ ਸੋ ਭੀ ਸੰਗਿ ਨ ਹੋਇਆ ॥੧॥ ਰਹਾਉ ॥ ਮਾਤ ਪਿਤਾ ਸੁਤ ਬੰਧ ਜਨ ਹਿਤੁ ਜਾ ਸਿਉ ਕੀਨਾ ॥ ਜੀਉ ਛੂਟਿਓ ਜਬ ਦੇਹ ਤੇ ਡਾਰਿ ਅਗਨਿ ਮੈ ਦੀਨਾ ॥੧॥ ਜੀਵਤ ਲਉ ਬਿਉਹਾਰੁ ਹੈ ਜਗ ਕਉ ਤੁਮ ਜਾਨਉ ॥ ਨਾਨਕ ਹਰਿ ਗੁਨ ਗਾਇ ਲੈ ਸਭ ਸੁਫਨ ਸਮਾਨਉ ॥੨॥੨॥ {ਪੰਨਾ ੭੨੬}

ਪਦ ਅਰਥ :—ਜਾਗ ਲੇਹੁ—ਹੋਸ਼ ਕਰ, ਸੁਚੇਤ ਹੋ । ਕਹਾ—ਕਿਉਂ? ਗਾਫਲ—ਗ਼ਾਫ਼ਲ, ਬੇ-ਫ਼ਿਕਰ । ਸੰਗ ਹੀ—ਸੰਗਿ ਹੀ, ਨਾਲ ਹੀ {ਲਫ਼ਜ਼ 'ਸੰਗਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਸੰਗਿ—ਨਾਲ ।੧।ਰਹਾਉ।

ਸੁਤ—ਪੁੱਤਰ । ਬੰਧ ਜਨ—ਰਿਸ਼ਤੇਦਾਰ । ਹਿਤੁ—ਪਿਆਰ । ਜਾ ਸਿਉ—ਜਿਨ੍ਹਾਂ ਨਾਲ । ਜੀਉ—ਜਿੰਦ । ਛੂਟਿਓ—ਨਿਕਲ ਜਾਂਦੀ ਹੈ । ਦੇਹ ਤੇ—ਸਰੀਰ ਵਿਚੋਂ । ਤੇ—ਤੋਂ, ਵਿਚੋਂ । ਡਰਿ ਦੀਨਾ—ਸੁੱਟ ਦਿੱਤਾ । ਅਗਨਿ ਮਹਿ—ਅੱਗ ਵਿਚ ।੧।

ਜੀਵਤ ਲਉ—ਜ਼ਿੰਦਗੀ ਤਕ । ਲਉ—ਤਕ । ਬਿਉਹਾਰੁ—ਵਰਤਣ-ਵਿਹਾਰ । ਜਗ ਕਉ—ਜਗਤ ਨੂੰ । ਜਾਨਉ—ਜਾਨਹੁ, ਸਮਝੋ । ਸਮਾਨਉ—ਸਮਾਨ, ਵਰਗਾ ।੨।

ਅਰਥ :—ਹੇ ਮਨ! ਹੋਸ਼ ਕਰ, ਹੋਸ਼ ਕਰ! ਤੂੰ ਕਿਉਂ (ਮਾਇਆ ਦੇ ਮੋਹ ਵਿਚ) ਬੇ-ਪਰਵਾਹ ਹੋ ਕੇ ਸੌਂ ਰਿਹਾ ਹੈਂ? (ਵੇਖ,) ਜੇਹੜਾ (ਇਹ) ਸਰੀਰ (ਮਨੁੱਖ ਦੇ) ਨਾਲ ਹੀ ਪੈਦਾ ਹੁੰਦਾ ਹੈ; ਇਹ ਭੀ (ਆਖ਼ਰ) ਨਾਲ ਨਹੀਂ ਜਾਂਦਾ ।੧।ਰਹਾਉ।

ਹੇ ਮਨ! (ਵੇਖ,) ਮਾਂ, ਪਿਉ, ਪੁੱਤਰ, ਰਿਸ਼ਤੇਦਾਰ—ਜਿਨ੍ਹਾਂ ਨਾਲ ਮਨੁੱਖ (ਸਾਰੀ ਉਮਰ) ਪਿਆਰ ਕਰਦਾ ਰਹਿੰਦਾ ਹੈ, ਜਦੋਂ ਜਿੰਦ ਸਰੀਰ ਵਿਚੋਂ ਵੱਖ ਹੁੰਦੀ ਹੈ, ਤਦੋਂ (ਉਹ ਸਾਰੇ ਰਿਸ਼ਤੇਦਾਰ, ਉਸ ਦੇ ਸਰੀਰ ਨੂੰ) ਅੱਗ ਵਿਚ ਪਾ ਦੇਂਦੇ ਹਨ ।੧।

ਹੇ ਨਾਨਕ! (ਆਖ—ਹੇ ਮਨ!) ਜਗਤ ਨੂੰ ਤੂੰ ਇਉਂ ਹੀ ਸਮਝ (ਕਿ ਇਥੇ) ਜ਼ਿੰਦਗੀ ਤਕ ਹੀ ਵਰਤਣ-ਵਿਹਾਰ ਰਹਿੰਦਾ ਹੈ । ਉਂਞ, ਇਹ ਸਾਰਾ ਸੁਪਨੇ ਵਾਂਗ ਹੀ ਹੈ । (ਇਸ ਵਾਸਤੇ ਜਦ ਤਕ ਜੀਊਂਦਾ ਹੈਂ) ਪਰਮਾਤਮਾ ਦੇ ਗੁਣ ਗਾਂਦਾ ਰਹੁ ।੨।੨।

ਤਿਲੰਗ ਮਹਲਾ ੯ ॥ ਹਰਿ ਜਸੁ ਰੇ ਮਨਾ ਗਾਇ ਲੈ ਜੋ ਸੰਗੀ ਹੈ ਤੇਰੋ ॥ ਅਉਸਰੁ ਬੀਤਿਓ ਜਾਤੁ ਹੈ ਕਹਿਓ ਮਾਨ ਲੈ ਮੇਰੋ ॥੧॥ ਰਹਾਉ ॥ ਸੰਪਤਿ ਰਥ ਧਨ ਰਾਜ ਸਿਉ ਅਤਿ ਨੇਹੁ ਲਗਾਇਓ ॥ ਕਾਲ ਫਾਸ ਜਬ ਗਲਿ ਪਰੀ ਸਭ ਭਇਓ ਪਰਾਇਓ ॥੧॥ ਜਾਨਿ ਬੂਝ ਕੈ ਬਾਵਰੇ ਤੈ ਕਾਜੁ ਬਿਗਾਰਿਓ ॥ ਪਾਪ ਕਰਤ ਸੁਕਚਿਓ ਨਹੀ ਨਹ ਗਰਬੁ ਨਿਵਾਰਿਓ ॥੨॥ ਜਿਹ ਬਿਧਿ ਗੁਰ ਉਪਦੇਸਿਆ ਸੋ ਸੁਨੁ ਰੇ ਭਾਈ ॥ ਨਾਨਕ ਕਹਤ ਪੁਕਾਰਿ ਕੈ ਗਹੁ ਪ੍ਰਭ ਸਰਨਾਈ ॥੩॥੩॥ {ਪੰਨਾ ੭੨੭}

ਪਦ ਅਰਥ :—ਜਸੁ—ਸਿਫ਼ਤਿ-ਸਾਲਾਹ । ਸੰਗੀ—ਸਾਥੀ । ਅਉਸਰੁ—(ਜ਼ਿੰਦਗੀ ਦਾ) ਸਮਾ । ਬੀਤਿਓ ਜਾਤੁ ਹੈ—ਲੰਘਦਾ ਜਾ ਰਿਹਾ ਹੈ । ਮੇਰੋ ਕਹਿਓ—ਮੇਰਾ ਆਖਿਆ, ਮੇਰਾ ਬਚਨ ।੧।ਰਹਾਉ।

ਸੰਪਤਿ—ਧਨ-ਪਦਾਰਥ । ਸਿਉ—ਨਾਲ । ਨੇਹੁ—ਪਿਆਰ । ਫਾਸ—ਫਾਹੀ । ਜਬ—ਜਦੋਂ । ਗਲਿ—ਗਲ ਵਿਚ । ਪਰੀ—ਪੈਂਦੀ ਹੈ । ਸਭ—ਹਰੇਕ ਚੀਜ਼ । ਪਰਾਇਓ—ਬਿਗਾਨੀ ।੧।

ਜਾਨਿ ਕੈ—ਜਾਣ ਕੇ, ਜਾਣਦਾ ਹੋਇਆ । ਬੂਝਿ ਕੈ—ਸਮਝ ਕੇ, ਸਮਝਦਾ ਹੋਇਆ । ਬਾਵਰੇ—ਹੇ ਝੱਲੇ! ਤੈ ਬਿਗਾਰਿਓ—ਤੂੰ ਵਿਗਾੜ ਲਿਆ ਹੈ । ਕਾਜੁ—ਕੰਮ । ਕਰਤ—ਕਰਦਾ । ਸੁਕਚਿਓ—ਸੰਗਦਾ । ਗਰਬੁ—ਅਹੰਕਾਰ । ਨਿਵਾਰਿਓ—ਦੂਰ ਕੀਤਾ ।੨।

ਜਿਹ ਬਿਧਿ—ਜਿਸ ਤਰੀਕੇ ਨਾਲ । ਗੁਰਿ—ਗੁਰੂ ਨੇ । ਰੇ—ਹੇ! ਪੁਕਾਰਿ ਕੈ—ਉੱਚੀ ਬੋਲ ਕੇ । ਗਹੁ—ਫੜ । ਪ੍ਰਭ ਸਰਨਾਈ—ਪ੍ਰਭੂ ਦੀ ਸਰਨ ।੩।

ਅਰਥ :—ਹੇ ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰ, ਇਹ ਸਿਫ਼ਤਿ-ਸਾਲਾਹ ਹੀ ਤੇਰਾ ਅਸਲੀ ਸਾਥੀ ਹੈ । ਮੇਰਾ ਬਚਨ ਮੰਨ ਲੈ

। ਉਮਰ ਦਾ ਸਮਾ ਲੰਘਦਾ ਜਾ ਰਿਹਾ ਹੈ ।੧।ਰਹਾਉ।

ਹੇ ਮਨ! ਮਨੁੱਖ ਧਨ-ਪਦਾਰਥ, ਰਥ, ਮਾਲ, ਰਾਜ ਨਾਲ ਬੜਾ ਮੋਹ ਕਰਦਾ ਹੈ । ਪਰ ਜਦੋਂ ਮੌਤ ਦੀ ਫਾਹੀ (ਉਸ ਦੇ) ਗਲ ਵਿਚ ਪੈਂਦੀ ਹੈ, ਹਰੇਕ ਚੀਜ਼ ਬਿਗਾਨੀ ਹੋ ਜਾਂਦੀ ਹੈ ।੧।

ਹੇ ਝੱਲੇ ਮਨੁੱਖ! ਇਹ ਸਭ ਕੁਝ ਜਾਣਦਾ ਹੋਇਆ ਸਮਝਦਾ ਹੋਇਆ ਭੀ ਤੂੰ ਆਪਣਾ ਕੰਮ ਵਿਗਾੜ ਰਿਹਾ ਹੈਂ । ਤੂੰ ਪਾਪ ਕਰਦਾ (ਕਦੇ) ਸੰਗਦਾ ਨਹੀਂ, ਤੂੰ (ਇਸ ਧਨ-ਪਦਾਰਥ ਦਾ) ਮਾਣ ਭੀ ਦੂਰ ਨਹੀਂ ਕਰਦਾ ।੨।

ਨਾਨਕ (ਤੈਨੂੰ) ਪੁਕਾਰ ਕੇ ਆਖਦਾ ਹੈ—ਹੇ ਭਾਈ! ਗੁਰੂ ਨੇ (ਮੈਨੂੰ) ਜਿਸ ਤਰ੍ਹਾਂ ਉਪਦੇਸ਼ ਕੀਤਾ ਹੈ, ਉਹ (ਤੂੰ ਭੀ) ਸੁਣ ਲੈ (ਕਿ) ਪ੍ਰਭੂ ਦੀ ਸਰਨ ਪਿਆ ਰਹੁ (ਸਦਾ ਪ੍ਰਭੂ ਦਾ ਨਾਮ ਜਪਿਆ ਕਰ) ।੩।੩।

ਤਿਲੰਗ ਬਾਣੀ ਭਗਤਾ ਕੀ ਕਬੀਰ ਜੀ

ੴ ਸਤਿਗੁਰ ਪ੍ਰਸਾਦਿ ॥ ਬੇਦ ਕਤੇਬ ਇਫਤਰਾ ਭਾਈ, ਦਿਲ ਕਾ ਫਿਕਰੁ ਨ ਜਾਇ ॥ ਟੁਕੁ ਦਮੁ ਕਰਾਰੀ ਜਉ ਕਰਹੁ, ਹਾਜਿਰ ਹਜੂਰਿ ਖੁਦਾਇ ॥੧॥ ਬੰਦੇ ਖੋਜੁ ਦਿਲ ਹਰ ਰੋਜ, ਨਾ ਫਿਰੁ ਪਰੇਸਾਨੀ ਮਾਹਿ ॥ ਇਹ ਜੁ ਦੁਨੀਆ ਸਿਹਰੁ ਮੇਲਾ, ਦਸਤਗੀਰੀ ਨਾਹਿ ॥੧॥ ਰਹਾਉ ॥ ਦਰੋਗੁ ਪੜਿ ਪੜਿ ਖੁਸੀ ਹੋਇ, ਬੇਖਬਰ ਬਾਦੁ ਬਕਾਹਿ ॥ ਹਕੁ ਸਚੁ ਖਾਲਕੁ ਖਲਕ ਮਿਆਨੇ, ਸਿਆਮ ਮੂਰਤਿ ਨਾਹਿ ॥੨॥ ਅਸਮਾਨ ਮ੍ਯ੍ਯਾਨੇ, ਲਹੰਗ ਦਰੀਆ, ਗੁਸਲ ਕਰਦਨ ਬੂਦ ॥ ਕਰਿ ਫਕਰੁ ਦਾਇਮ ਲਾਇ ਚਸਮੇ, ਜਹ ਤਹਾ ਮਉਜੂਦੁ ॥੩॥ ਅਲਾਹ ਪਾਕੰ ਪਾਕ ਹੈ, ਸਕ ਕਰਉ ਜੇ ਦੂਸਰ ਹੋਇ ॥ ਕਬੀਰ ਕਰਮੁ ਕਰੀਮ ਕਾ, ਉਹੁ ਕਰੈ ਜਾਨੈ ਸੋਇ ॥੪॥੧॥ {ਪੰਨਾ ੭੨੭}

ਪਦ ਅਰਥ :—ਕਤੇਬ—ਪੱਛਮੀ ਮਤਾਂ ਦੇ ਧਰਮ-ਪੁਸਤਕ (ਤੌਰੇਤ, ਜ਼ੰਬੂਰ, ਅੰਜੀਲ, ਕੁਰਾਨ) । ਇਫਤਰਾ—{ਅਰਬੀ} ਮੁਬਾਲਗ਼ਾ, ਬਣਾਵਟ, ਅਸਲੀਅਤ ਨਾਲੋਂ ਵਧਾ ਕੇ ਦੱਸੀਆਂ ਹੋਈਆਂ ਗੱਲਾਂ । ਫਿਕਰੁ—ਸਹਿਮ, ਅਸ਼ਾਂਤੀ । ਟੁਕੁ—ਰਤਾ ਕੁ । ਟੁਕੁ ਦਮੁ—ਪਲਕ ਭਰ । ਕਰਾਰੀ—ਟਿਕਾਉ ਇਕਾਗ੍ਰਤਾ । ਜਉ—ਜੇ । ਹਾਜਿਰ ਹਜੂਰਿ—ਹਰ ਥਾਂ ਮੌਜੂਦ । ਖੁਦਾਇ—ਰੱਬ, ਪਰਮਾਤਮਾ ।੧।

ਬੰਦੇ—ਹੇ ਮਨੁੱਖ! ਪਰੇਸਾਨੀ—ਘਬਰਾਹਟ । ਸਿਹਰੁ—ਜਾਦੂ, ਉਹ ਜਿਸ ਦੀ ਅਸਲੀਅਤ ਕੁਝ ਹੋਰ ਹੋਵੇ ਪਰ ਵੇਖਣ ਨੂੰ ਕੁਝ ਅਜੀਬ ਮਨ-ਮੋਹਣਾ ਦਿੱਸਦਾ ਹੋਵੇ । ਮੇਲਾ—ਤਮਾਸ਼ਾ, ਖੇਡ । ਦਸਤਗੀਰੀ—{ਦਸਤ—ਹੱਥ । ਗੀਰੀ—ਫੜਨਾ} ਹੱਥ ਪੱਲੇ ਪੈਣ ਵਾਲੀ ਚੀਜ਼, ਸਦਾ ਸਾਂਭ ਰੱਖਣ ਵਾਲੀ ਸ਼ੈ ।ਰਹਾਉ।

ਦਰੋਗੁ—ਝੂਠ । ਦਰੋਗੁ ਪੜਿ ਪੜਿ—ਇਹ ਪੜ੍ਹ ਕੇ ਕਿ ਵੇਦ ਝੂਠੇ ਹਨ ਜਾਂ ਇਹ ਪੜ੍ਹ ਕੇ ਕਿ ਕਤੇਬ ਝੂਠੇ ਹਨ । ਹੋਇ—ਹੋ ਕੇ । ਬੇਖਬਰ—ਅਣਜਾਣ ਮਨੁੱਖ । ਬਾਦੁ—ਝਗੜਾ, ਬਹਿਸ । ਬਕਾਹਿ—ਬੋਲਦੇ ਹਨ । ਬਾਦੁ ਬਕਾਹਿ—ਬਹਿਸ ਕਰਦੇ ਹਨ । ਹਕੁ ਸਚੁ—ਸਦਾ ਕਾਇਮ ਰਹਿਣ ਵਾਲਾ ਰੱਬ । ਮਿਆਨੇ—ਵਿਚ । ਸਿਆਮ ਮੂਰਤਿ—ਕ੍ਰਿਸ਼ਨ ਜੀ ਦੀ ਮੂਰਤੀ । ਨਾਹਿ—(ਰੱਬ) ਨਹੀਂ ਹੈ ।੨।

ਅਸਮਾਨ—ਅਕਾਸ਼, ਦਸਮ ਦੁਆਰ, ਅੰਤਹਕਰਨ, ਮਨ । ਮ੍ਯ੍ਯਾਨੇ-ਮਿਆਨੇ, ਅੰਦਰ । ਲਹੰਗ—ਲੰਘਦਾ ਹੈ, ਵਗਦਾ ਹੈ । ਦਰੀਆ—(ਸਰਬ-ਵਿਆਪਕ ਪ੍ਰਭੂ-ਰੂਪ) ਨਦੀ । ਗੁਸਲ—ਇਸ਼ਨਾਨ । ਕਰਦਨ ਬੂਦ—{ਕਰਦਨੀ ਬੂਦ} ਕਰਨਾ ਚਾਹੀਦਾ ਸੀ । ਫਕਰੁ—ਫ਼ਕੀਰੀ, ਬੰਦਗੀ ਵਾਲਾ ਜੀਵਨ । ਚਸਮੇ—ਐਨਕਾਂ । ਜਹ ਤਹਾ—ਹਰ ਥਾਂ ।੩।

ਅਲਾਹ—ਅੱਲਾਹ, ਰੱਬ । ਪਾਕੰ ਪਾਕ—ਪਵਿੱਤਰ ਤੋਂ ਪਵਿੱਤਰ, ਸਭ ਤੋਂ ਪਵਿੱਤਰ । ਸਕ—ਸ਼ੱਕ, ਭਰਮ । ਕਰਉ—ਕਰਉਂ, ਮੈਂ ਕਰਾਂ । ਦੂਸਰ—(ਉਸ ਵਰਗਾ ਕੋਈ ਹੋਰ) ਦੂਜਾ । ਕਰਮੁ—ਬਖ਼ਸ਼ਸ਼ । ਕਰੀਮ—ਬਖ਼ਸ਼ਸ਼ ਕਰਨ ਵਾਲਾ । ਉਹੁ—ਉਹ ਪ੍ਰਭੂ । ਸੋਇ—ਉਹ ਮਨੁੱਖ (ਜਿਸ ਉੱਤੇ ਪ੍ਰਭੂ ਬਖ਼ਸ਼ਸ਼ ਕਰਦਾ ਹੈ) ।੪।

ਅਰਥ :—ਹੇ ਭਾਈ! (ਵਾਦ-ਵਿਵਾਦ ਦੀ ਖ਼ਾਤਰ) ਵੇਦਾਂ ਕਤੇਬਾਂ ਦੇ ਹਵਾਲੇ ਦੇ ਦੇ ਕੇ ਵਧ ਗੱਲਾਂ ਕਰਨ ਨਾਲ (ਮਨੁੱਖ ਦੇ ਆਪਣੇ) ਦਿਲ ਦਾ ਸਹਿਮ ਦੂਰ ਨਹੀਂ ਹੁੰਦਾ । (ਹੇ ਭਾਈ!) ਜੇ ਤੁਸੀ ਆਪਣੇ ਮਨ ਨੂੰ ਪਲਕ ਭਰ ਹੀ ਟਿਕਾਓ, ਤਾਂ ਤੁਹਾਨੂੰ ਸਭਨਾਂ ਵਿਚ ਹੀ ਵੱਸਦਾ ਰੱਬ ਦਿੱਸੇਗਾ (ਕਿਸੇ ਦੇ ਵਿਰੁੱਧ ਤਰਕ ਕਰਨ ਦੀ ਲੋੜ ਨਹੀਂ ਪਏਗੀ) ।੧।

ਹੇ ਭਾਈ! (ਆਪਣੇ ਹੀ) ਦਿਲ ਨੂੰ ਹਰ ਵੇਲੇ ਖੋਜ, (ਬਹਿਸ ਮੁਬਾਹਸੇ ਦੀ) ਘਬਰਾਹਟ ਵਿਚ ਨਾਹ ਭਟਕ । ਇਹ ਜਗਤ ਇਕ ਜਾਦੂ ਜਿਹਾ ਹੈ, ਇਕ ਤਮਾਸ਼ਾ ਜਿਹਾ ਹੈ, (ਇਸ ਵਿਚੋਂ ਇਸ ਵਿਅਰਥ ਵਾਦ-ਵਿਵਾਦ ਦੀ ਰਾਹੀਂ) ਹੱਥ-ਪੱਲੇ ਪੈਣ ਵਾਲੀ ਕੋਈ ਸ਼ੈ ਨਹੀਂ ।੧।ਰਹਾਉ।

ਬੇ-ਸਮਝ ਲੋਕ (ਅਨ-ਮਤਾਂ ਦੇ ਧਰਮ-ਪੁਸਤਕਾਂ ਬਾਰੇ ਇਹ) ਪੜ੍ਹ ਪੜ੍ਹ ਕੇ (ਕਿ ਇਹਨਾਂ ਵਿਚ ਜੋ ਲਿਖਿਆ ਹੈ) ਝੂਠ (ਹੈ), ਖ਼ੁਸ਼ ਹੋ ਹੋ ਕੇ ਬਹਿਸ ਕਰਦੇ ਹਨ । (ਪਰ ਉਹ ਇਹ ਨਹੀਂ ਜਾਣਦੇ ਕਿ) ਸਦਾ ਕਾਇਮ ਰਹਿਣ ਵਾਲਾ ਰੱਬ ਖ਼ਲਕਤ ਵਿਚ (ਭੀ) ਵੱਸਦਾ ਹੈ, (ਨਾਹ ਉਹ ਵੱਖਰਾ ਸੱਤਵੇਂ ਅਸਮਾਨ ਤੇ ਬੈਠਾ ਹੈ ਤੇ) ਨਾਹ ਉਹ ਪਰਮਾਤਮਾ ਕ੍ਰਿਸ਼ਨ ਦੀ ਮੂਰਤੀ ਹੈ ।੨।

(ਸਤਵੇਂ ਅਸਮਾਨ ਦੇ ਵਿਚ ਬੈਠਾ ਸਮਝਣ ਦੇ ਥਾਂ, ਹੇ ਭਾਈ!) ਉਹ ਪ੍ਰਭੂ-ਰੂਪ ਦਰਿਆ ਤੇ ਅੰਤਹਕਰਨ ਵਿਚ ਲਹਿਰਾਂ ਮਾਰ ਰਿਹਾ ਹੈ, ਤੂੰ ਉਸ ਵਿਚ ਇਸ਼ਨਾਨ ਕਰਨਾ ਸੀ । ਸੋ, ਉਸ ਦੀ ਸਦਾ ਬੰਦਗੀ ਕਰ, (ਇਹ ਭਗਤੀ ਦੀ) ਐਨਕ ਲਾ (ਕੇ ਵੇਖ), ਉਹ ਹਰ ਥਾਂ ਮੌਜੂਦ ਹੈ ।੩।

ਰੱਬ ਸਭ ਤੋਂ ਪਵਿੱਤਰ (ਹਸਤੀ) ਹੈ (ਉਸ ਤੋਂ ਪਵਿੱਤਰ ਕੋਈ ਹੋਰ ਨਹੀਂ ਹੈ), ਇਸ ਗੱਲ ਵਿਚ ਮੈਂ ਤਾਂ ਹੀ ਸ਼ੱਕ ਕਰਾਂ, ਜੇ ਉਸ ਰੱਬ ਵਰਗਾ ਕੋਈ ਹੋਰ ਦੂਜਾ ਹੋਵੇ । ਹੇ ਕਬੀਰ! (ਇਸ ਭੇਤ ਨੂੰ) ਉਹ ਮਨੁੱਖ ਹੀ ਸਮਝ ਸਕਦਾ ਹੈ ਜਿਸ ਨੂੰ ਉਹ ਸਮਝਣ-ਜੋਗ ਬਣਾਏ । ਤੇ, ਇਹ ਬਖ਼ਸ਼ਸ਼ ਉਸ ਬਖ਼ਸ਼ਸ਼ ਕਰਨ ਵਾਲੇ ਦੇ ਆਪਣੇ ਹੱਥ ਹੈ ।੪।੧।

ਨੋਟ :—ਇਸ ਸ਼ਬਦ ਦੇ ਦੂਜੇ ਬੰਦ ਦੇ ਲਫ਼ਜ਼ 'ਬਾਦੁ' ਤੇ 'ਸਿਆਮ ਮੂਰਤਿ' ਤੋਂ ਇਉਂ ਪ੍ਰਤੀਤ ਹੁੰਦਾ ਹੈ ਕਿ ਕਬੀਰ ਜੀ ਕਿਸੇ ਕਾਜ਼ੀ ਤੇ ਪੰਡਿਤ ਦੀ ਬਹਿਸ ਨੂੰ ਨਾ-ਪਸੰਦ ਕਰਦੇ ਹੋਏ ਇਹ ਸ਼ਬਦ ਉਚਾਰ ਰਹੇ ਹਨ । ਬਹਿਸਾਂ ਵਿਚ ਆਮ ਤੌਰ ਤੇ ਇਕ-ਦੂਜੇ ਦੇ ਧਰਮ-ਪੁਸਤਕਾਂ ਉੱਤੇ ਚਿੱਕੜ ਸੁੱਟਣ ਦੇ ਜਤਨ ਕੀਤੇ ਜਾਂਦੇ ਹਨ, ਦੂਜੇ ਮਤ ਨੂੰ ਝੂਠਾ ਸਾਬਤ ਕਰਨ ਦੀ ਕੋਸ਼ਸ਼ ਕੀਤੀ ਜਾਂਦੀ ਹੈ । ਪਰ ਬਹਿਸ ਕਰਨ ਵਾਲੇ ਨੂੰ ਪੁੱਛੋ ਕਿ ਕਦੇ ਇਸ ਵਿਚੋਂ ਦਿਲ ਨੂੰ ਭੀ ਕੋਈ ਸ਼ਾਂਤੀ ਹਾਸਲ ਹੋਈ ਹੈ? ਕੋਈ ਆਖਦਾ ਹੈ ਰੱਬ ਸਤਵੇਂ ਅਸਮਾਨ ਤੇ ਹੈ, ਕੋਈ ਆਖਦਾ ਹੈ ਕ੍ਰਿਸ਼ਨ ਜੀ ਦੀ ਮੂਰਤੀ ਹੀ ਪਰਮਾਤਮਾ ਹੈ; ਪਰ ਇਹ ਭੇਤ ਬੰਦਗੀ ਕਰਨ ਵਾਲੇ ਨੂੰ ਸਮਝ ਵਿਚ ਆਉਂਦਾ ਹੈ ਕਿ ਪਰਮਾਤਮਾ ਖ਼ਲਕਤ ਵਿਚ ਵੱਸਦਾ ਹੈ, ਪਰਮਾਤਮਾ ਹਰ ਥਾਂ ਮੌਜੂਦ ਹੈ ।੪।

ਸ਼ਬਦ ਦਾ ਭਾਵ :—ਦੂਜਿਆਂ ਦੀਆਂ ਧਰਮ-ਪੁਸਤਕਾਂ ਉੱਤੇ ਚਿੱਕੜ ਸੁੱਟਿਆਂ ਮਨ ਵਿਚ ਸ਼ਾਂਤੀ ਨਹੀਂ ਹੋ ਸਕਦੀ । ਅੰਦਰ-ਵੱਸਦੇ ਰੱਬ ਦੀ ਬੰਦਗੀ ਕਰੋ, ਸਾਰੀ ਖ਼ਲਕਤ ਵਿਚ ਦਿੱਸ ਪਏਗਾ ।

ਨਾਮਦੇਵ ਜੀ

ਮੈ ਅੰਧੁਲੇ ਕੀ ਟੇਕ ਤੇਰਾ ਨਾਮੁ ਖੁੰਦਕਾਰਾ ॥ ਮੈ ਗਰੀਬ ਮੈ ਮਸਕੀਨ ਤੇਰਾ ਨਾਮੁ ਹੈ ਅਧਾਰਾ ॥੧॥ ਰਹਾਉ ॥ ਕਰੀਮਾਂ ਰਹੀਮਾਂ ਅਲਾਹ ਤੂ ਗਨ^ੀ ॥ ਹਾਜਰਾ ਹਜੂਰਿ ਦਰਿ ਪੇਸਿ ਤੂੰ ਮਨ^ੀ ॥੧॥ ਦਰੀਆਉ ਤੂ ਦਿਹੰਦ ਤੂ ਬਿਸੀਆਰ ਤੂ ਧਨੀ ॥ ਦੇਹਿ ਲੇਹਿ ਏਕੁ ਤੂੰ ਦਿਗਰ ਕੋ ਨਹੀ ॥੨॥ ਤੂੰ ਦਾਨਾਂ ਤੂੰ ਬੀਨਾਂ ਮੈ ਬੀਚਾਰੁ ਕਿਆ ਕਰੀ ॥ ਨਾਮੇ ਚੇ ਸੁਆਮੀ ਬਖਸੰਦ ਤੂੰ ਹਰੀ ॥੩॥੧॥੨॥ {ਪੰਨਾ ੭੨੭}

ਪਦ ਅਰਥ :—ਟੇਕ—ਓਟ, ਸਹਾਰਾ । ਖੁੰਦਕਾਰਾ—ਸਹਾਰਾ । ਖੁੰਦਕਾਰ—ਬਾਦਸ਼ਾਹ, ਹੇ ਮੇਰੇ ਪਾਤਿਸ਼ਾਹ! ਮਸਕੀਨ—ਆਜਿਜ਼ । ਅਧਾਰਾ—ਆਸਰਾ ।੧।ਰਹਾਉ।

ਕਰੀਮਾਂ—ਹੇ ਕਰੀਮ! ਹੇ ਬਖ਼ਸ਼ਸ਼ ਕਰਨ ਵਾਲੇ! ਰਹੀਮਾਂ—ਹੇ ਰਹੀਮ! ਹੇ ਰਹਿਮ ਕਰਨ ਵਾਲੇ! ਗਨ^ੀ—ਅਮੀਰ, ਰੱਜਿਆ-ਪੁੱਜਿਆ । ਹਾਜਰਾ ਹਜੂਰਿ—ਹਰ ਥਾਂ ਮੌਜੂਦ, ਪ੍ਰਤੱਖ ਮੌਜੂਦ । ਦਰਿ—ਵਿਚ । ਪੇਸਿ—ਪੇਸ਼ਿ, ਸਾਹਮਣੇ । ਦਰਿ ਪੇਸਿ ਮਨ^ੀ—ਮੇਰੇ ਸਾਹਮਣੇ ।੧।

ਦਿਹੰਦ—ਦੇਣ ਵਾਲਾ, ਦਾਤਾ । ਬਿਸੀਆਰ—ਬਹੁਤ । ਧਨੀ—ਧਨ ਵਾਲਾ । ਦੇਹਿ—ਤੂੰ ਦੇਂਦਾ ਹੈਂ । ਲੇਹਿ—ਤੂੰ ਲੈਂਦਾ ਹੈਂ । ਦਿਗਰ—ਕੋਈ ਹੋਰ, ਦੂਸਰਾ ।੨।

ਦਾਨਾਂ—ਜਾਣਨ ਵਾਲਾ । ਬੀਨਾਂ—ਵੇਖਣ ਵਾਲਾ । ਚ—ਦਾ । ਚੇ—ਦੇ । ਚੀ—ਦੀ । ਨਾਮੇ ਚੇ—ਨਾਮੇ ਦੇ । ਨਾਮੇ ਚੇ ਸੁਆਮੀ—ਹੇ ਨਾਮਦੇਵ ਦੇ ਸੁਆਮੀ! ।੪।

ਅਰਥ :—ਹੇ ਮੇਰੇ ਪਾਤਿਸ਼ਾਹ! ਤੇਰਾ ਨਾਮ ਮੈਂ ਅੰਨ੍ਹੇ ਦੀ ਡੰਗੋਰੀ ਹੈ, ਸਹਾਰਾ ਹੈ; ਮੈਂ ਕੰਗਾਲ ਹਾਂ, ਮੈਂ ਆਜਿਜ਼ ਹਾਂ, ਤੇਰਾ ਨਾਮ (ਹੀ) ਮੇਰਾ ਆਸਰਾ ਹੈ ।੧।ਰਹਾਉ।

ਹੇ ਅੱਲਾਹ! ਹੇ ਕਰੀਮ! ਹੇ ਰਹੀਮ! ਤੂੰ (ਹੀ) ਅਮੀਰ ਹੈਂ, ਤੂੰ ਹਰ ਵੇਲੇ ਮੇਰੇ ਸਾਹਮਣੇ ਹੈਂ (ਫਿਰ, ਮੈਨੂੰ ਕਿਸੇ ਹੋਰ ਦੀ ਕੀਹ ਮੁਥਾਜੀ?) ।੧।

ਤੂੰ (ਰਹਿਮਤ ਦਾ) ਦਰੀਆ ਹੈਂ, ਤੂੰ ਦਾਤਾ ਹੈਂ, ਤੂੰ ਬਹੁਤ ਹੀ ਧਨ ਵਾਲਾ ਹੈਂ; ਇੱਕ ਤੂੰ ਹੀ (ਜੀਵਾਂ ਨੂੰ ਪਦਾਰਥ) ਦੇਂਦਾ ਹੈਂ, ਤੇ ਮੋੜ ਲੈਂਦਾ ਹੈਂ, ਕੋਈ ਹੋਰ ਐਸਾ ਨਹੀਂ (ਜੋ ਇਹ ਸਮਰੱਥਾ ਰੱਖਦਾ ਹੋਵੇ) ।੨।

ਹੇ ਨਾਮਦੇਵ ਦੇ ਖਸਮ! ਹੇ ਹਰੀ! ਤੂੰ ਸਭ ਬਖ਼ਸ਼ਸ਼ਾਂ ਕਰਨ ਵਾਲਾ ਹੈਂ, ਤੂੰ (ਸਭ ਦੇ ਦਿਲ ਦੀ) ਜਾਣਨ ਵਾਲਾ ਹੈਂ ਤੇ (ਸਭ ਦੇ ਕੰਮ) ਵੇਖਣ ਵਾਲਾ ਹੈਂ; ਹੇ ਹਰੀ! ਮੈਂ ਤੇਰਾ ਕਿਹੜਾ ਕਿਹੜਾ ਗੁਣ ਬਿਆਨ ਕਰਾਂ? ।੩।੧।੨।

ਨੋਟ :—ਜੇ ਮੁਸਲਮਾਨੀ ਲਫ਼ਜ਼, ਅੱਲਾਹ, ਕਰੀਮ, ਰਹੀਮ ਦੇ ਵਰਤਣ ਤੋਂ ਅਸੀ ਨਾਮਦੇਵ ਜੀ ਨੂੰ ਮੁਸਲਮਾਨ ਨਹੀਂ ਸਮਝ ਸਕਦੇ, ਤਾਂ ਕ੍ਰਿਸ਼ਨ ਤੇ ਬੀਠੁਲ ਆਦਿਕ ਲਫ਼ਜ਼ਾਂ ਤੋਂ ਭੀ ਇਹ ਅੰਦਾਜ਼ਾ ਗ਼ਲਤ ਹੈ ਕਿ ਨਾਮਦੇਵ ਜੀ ਕਿਸੇ ਬੀਠੁਲ-ਮੂਰਤੀ ਦੇ ਪੁਜਾਰੀ ਸਨ ।

ਭਾਵ :—ਪ੍ਰਭੂ ਦਾ ਗੁਣਾਨੁਵਾਦ—

ਤੂੰ ਹੀ ਮੇਰਾ ਸਹਾਰਾ ਹੈਂ । ਸਭ ਦਾ ਰਾਜ਼ਕ ਤੂੰ ਹੀ ਹੈਂ ।

ਹਲੇ ਯਾਰਾਂ ਹਲੇ ਯਾਰਾਂ, ਖੁਸਿ ਖਬਰੀ ॥ ਬਲਿ ਬਲਿ ਜਾਂਉ ਹਉ ਬਲਿ ਬਲਿ ਜਾਂਉ ॥ ਨੀਕੀ ਤੇਰੀ ਬਿਗਾਰੀ, ਆਲੇ ਤੇਰਾ ਨਾਉ ॥੧॥ ਰਹਾਉ ॥ ਕੁਜਾ ਆਮਦ, ਕੁਜਾ ਰਫਤੀ, ਕੁਜਾ ਮੇ ਰਵੀ ॥ ਦ੍ਵਾਰਿਕਾ ਨਗਰੀ ਰਾਸਿ ਬੁਗੋਈ ॥੧॥ ਖੂਬੁ ਤੇਰੀ ਪਗਰੀ, ਮੀਠੇ ਤੇਰੇ ਬੋਲ ॥ ਦ੍ਵਾਰਿਕਾ ਨਗਰੀ ਕਾਹੇ ਕੇ ਮਗੋਲ ॥੨॥ ਚੰਦ^ੀ ਹਜਾਰ ਆਲਮ, ਏਕਲ ਖਾਨਾਂ ॥ ਹਮ ਚਿਨੀ ਪਾਤਿਸਾਹ, ਸਾਂਵਲੇ ਬਰਨਾਂ ॥੩॥ ਅਸਪਤਿ ਗਜਪਤਿ ਨਰਹ ਨਰਿੰਦ ॥ ਨਾਮੇ ਕੇ ਸ੍ਵਾਮੀ ਮੀਰ ਮੁਕੰਦ ॥੪॥੨॥੩॥ {ਪੰਨਾ ੭੨੭}

ਪਦ ਅਰਥ :—ਹਲੇ ਯਾਰਾਂ—ਹੇ ਮਿੱਤਰ! ਹੇ ਸੱਜਣ! ਖੁਸਿ—ਖੁਸ਼ੀ ਦੇਣ ਵਾਲੀ, ਠੰਢ ਪਾਣ ਵਾਲੀ । ਖਬਰੀ—ਤੇਰੀ ਖ਼ਬਰ, ਤੇਰੀ ਸੋਇ {ਜਿਵੇਂ, "ਸੋਇ ਸੁਣੰਦੜੀ ਮੇਰਾ ਤਨੁ ਮਨੁ ਮਉਲਾ"} । ਬਲਿ ਬਲਿ—ਸਦਕੇ ਜਾਂਦਾ ਹਾਂ । ਹਉ—ਮੈਂ । ਨੀਕੀ—ਸੋਹਣੀ, ਚੰਗੀ, ਪਿਆਰੀ । ਬਿਗਾਰੀ—ਵਿਗਾਰ, ਕਿਸੇ ਹੋਰ ਵਾਸਤੇ ਕੀਤਾ ਹੋਇਆ ਕੰਮ (ਨੋਟ :—ਦੁਨੀਆ ਦੇ ਸਾਰੇ ਧੰਧੇ ਅਸੀ ਇਸ ਸਰੀਰ ਦੀ ਖ਼ਾਤਰ ਤੇ ਪੁੱਤਰ ਇਸਤ੍ਰੀ ਆਦਿਕ ਸੰਬੰਧੀਆਂ ਦੀ ਖ਼ਾਤਰ ਕਰਦੇ ਹਾਂ; ਪਰ ਸਮਾਂ ਆਉਂਦਾ ਹੈ ਜਦੋਂ ਨਾ ਇਹ ਸਰੀਰ ਸਾਥ ਨਿਬਾਹੁੰਦਾ ਹੈ ਤੇ ਨਾ ਹੀ ਸੰਬੰਧੀ । ਸੋ, ਸਾਰੀ ਉਮਰ ਵਿਗਾਰ ਹੀ ਕਰਦੇ ਰਹਿੰਦੇ ਹਾਂ) । ਤੇਰੀ ਬਿਗਾਰੀ—ਇਹ ਰੋਜ਼ੀ ਆਦਿਕ ਕਮਾਉਣ ਦਾ ਕੰਮ ਜਿਸ ਵਿਚ ਤੂੰ ਅਸਾਨੂੰ ਲਾਇਆ ਹੋਇਆ ਹੈ । ਆਲੇ—ਆਹਲਾ, ਉੱਚਾ, ਵੱਡਾ, ਸਭ ਤੋਂ ਪਿਆਰਾ ।੧।ਰਹਾਉ।

ਕੁਜਾ—(ਅਜ਼) ਕੁਜਾ, ਕਿੱਥੋਂ । ਆਮਦ—ਆਮਦੀ, ਤੂੰ ਆਇਆ । ਕੁਜਾ—ਕਿੱਥੇ । ਰਫਤੀ—ਤੂੰ ਗਿਆ ਸੈਂ । ਮੇ ਰਵੀ—ਤੂੰ ਜਾ ਰਿਹਾ ਹੈਂ । ਕੁਜਾ.......ਮੇ ਰਵੀ—ਤੂੰ ਕਿੱਥੋਂ ਆਇਆ? ਤੂੰ ਕਿਥੇ ਗਿਆ? ਤੂੰ ਕਿੱਥੇ ਜਾ ਰਿਹਾ ਹੈਂ? (ਭਾਵ, ਨਾ ਤੂੰ ਕਿਤੋਂ ਆਇਆ, ਨਾ ਤੂੰ ਕਿਤੇ ਕਦੇ ਗਿਆ, ਅਤੇ ਨਾ ਤੂੰ ਕਿਤੇ ਜਾ ਰਿਹਾ ਹੈਂ; ਤੂੰ ਸਦਾ ਅਟੱਲ ਹੈਂ) । ਰਾਸਿ—{ਸ਼ਕਟ. ਰਾਸ :—ਅ ਕਨਿਦ ੋਡ ਦਓਨਚਣ ਪਰਓਚਟਸਿਏਦ ਬੇ ਖਰਸਿਹਨਓ ਓਨਦ ਟਹਏ ਚੋਾਹਏਰਦਸ ਬੁਟ ਪਓਰਟਚਿਲਓਰਲੇ ਟਹਏ ਗੋਪਸਿ ੋਰ ਚੋਾਹਏਰਦਏਸਸਏਸ ੋਡ ਤ਼ਰਨਿਦਓਵਓਨਓ, ੨. ਸ਼ਪਏਣਚਹ} ਰਾਸਾਂ ਜਿੱਥੇ ਕ੍ਰਿਸ਼ਨ ਜੀ ਨਾਚ ਕਰਦੇ ਤੇ ਗੀਤ ਸੁਣਾਉਂਦੇ ਸਨ । (ਰਾਸਿ ਮੰਡਲੁ ਕੀਨੋ ਆਖਾਰਾ । ਸਗਲੋ ਸਾਜਿ ਰਖਿਓ ਪਾਸਾਰਾ ।੧।੨।੪੫। ਸੂਹੀ ਮਹਲਾ ੫) ਬੁਗੋਈ—ਤੂੰ (ਹੀ) ਆਖਦਾ ਹੈਂ ।੧।

ਖੂਬ—ਸੋਹਣੀ । ਦ੍ਵਾਰਿਕਾ ਨਗਰੀ......ਮਗੋਲ—ਕਾਹੇ ਕੇ ਦ੍ਵਾਰਿਕਾ ਨਗਰੀ, ਕਾਹੇ ਕੇ ਮਗੋਲ; ਕਾਹਦੇ ਲਈ ਦੁਆਰਕਾ ਨਗਰੀ ਵਿਚ ਤੇ ਕਾਹਦੇ ਲਈ ਮੁਗਲ (-ਧਰਮ) ਦੇ ਨਗਰ ਵਿਚ? ਨਾਹ ਤੂੰ ਸਿਰਫ਼ ਦੁਆਰਕਾ ਵਿਚ ਹੈਂ, ਤੇ ਨਾਹ ਤੂੰ ਸਿਰਫ਼ ਮੁਸਲਮਾਨੀ ਧਰਮ ਦੇ ਕੇਂਦਰ ਮੱਕੇ ਵਿੱਚ ਹੈਂ ।੨।

ਚੰਦ ੀ ਹਜਾਰ—ਕਈ ਹਜ਼ਾਰਾਂ । ਆਲਮ—ਦੁਨੀਆ । ਏਕਲ—ਇਕੱਲਾ । ਖਾਨਾਂ—ਖਾਨ, ਮਾਲਕ । ਹਮ ਚਿਨੀ—ਇਸੇ ਹੀ ਤਰ੍ਹਾਂ ਦਾ । ਹਮ—ਭੀ । ਚਿਨੀ—ਐਸਾ, ਅਜਿਹਾ । ਸਾਂਵਲੇ ਬਰਨਾਂ—ਸਾਂਵਲੇ ਰੰਗ ਵਾਲਾ, ਕ੍ਰਿਸ਼ਨ ।੩।

ਅਸਪਤਿ—{ਅ੦ਵਪਤਿ—ਲ਼ੋਰਦ ੋਡ ਹੋਰਸਏਸ} ਸੂਰਜ ਦੇਵਤਾ । ਗਜਪਤਿ—ਇੰਦ੍ਰ ਦੇਵਤਾ । ਨਰਹ ਮਰਿੰਦ—ਨਰਾਂ ਦਾ ਰਾਜਾ, ਬ੍ਰਹਮਾ । ਮੁਕੰਦ—{ਸ਼ਕਟ. ਮੁਕੁਜ਼ਦ-ਮੁਕੁਜ਼ ਦਾਤਿ ਇਤਿ} ਮੁਕਤੀ ਦੇਣ ਵਾਲਾ, ਵਿਸ਼ਨੂੰ ਤੇ ਕ੍ਰਿਸ਼ਨ ਜੀ ਦਾ ਨਾਮ ਹੈ ।੪।

ਨੋਟ :—ਅੰਕ ੪ ਦਾ ਭਾਵ ਇਹ ਹੈ ਕਿ ਇਸ ਸ਼ਬਦ ਦੇ ੪ ਬੰਦ ਹਨ । ਅੰਕ ੨ ਦੱਸਦਾ ਹੈ ਕਿ ਨਾਮਦੇਵ ਜੀ ਦਾ ਇਹ ਦੂਜਾ ਸ਼ਬਦ ਹੈ । ਅੰਕ ੩ ਇਹ ਦੱਸਣ ਵਾਸਤੇ ਹੈ ਕਿ ਭਗਤਾਂ ਦੇ ਸਾਰੇ ਸ਼ਬਦਾਂ ਦਾ ਜੋੜ ੩ ਹੈ—੧ ਕਬੀਰ ਜੀ ਦਾ ਅਤੇ ੨ ਨਾਮਦੇਵ ਜੀ ਦੇ ।

ਅਰਥ :—ਹੇ ਸੱਜਣ! ਹੇ ਪਿਆਰੇ! ਤੇਰੀ ਸੋਇ ਠੰਢ ਪਾਣ ਵਾਲੀ ਹੈ (ਭਾਵ, ਤੇਰੀਆਂ ਕਥਾਂ ਕਹਾਣੀਆਂ ਸੁਣ ਕੇ ਮੈਨੂੰ ਠੰਡ ਪੈਂਦੀ ਹੈ); ਮੈਂ ਤੈਥੋਂ ਸਦਾ ਸਦਕੇ ਹਾਂ, ਕੁਰਬਾਨ ਹਾਂ । (ਹੇ ਮਿੱਤਰ!) ਤੇਰਾ ਨਾਮ (ਮੈਨੂੰ) ਸਭ ਤੋਂ ਵਧੀਕ ਪਿਆਰਾ (ਲੱਗਦਾ) ਹੈ, (ਇਸ ਨਾਮ ਦੀ ਬਰਕਤ ਨਾਲ ਹੀ, ਦੁਨੀਆ ਦੀ ਕਿਰਤ ਵਾਲੀ) ਤੇਰੀ ਦਿੱਤੀ ਹੋਈ ਵਿਗਾਰ ਭੀ (ਮੈਨੂੰ) ਮਿੱਠੀ ਲੱਗਦੀ ਹੈ ।੧।ਰਹਾਉ।

(ਹੇ ਸੱਜਣ!) ਨਾਹ ਤੂੰ ਕਿਤੋਂ ਆਇਆ, ਨਾਹ ਤੂੰ ਕਿਤੇ ਕਦੇ ਗਿਆ ਅਤੇ ਨਾਹ ਤੂੰ ਜਾ ਰਿਹਾ ਹੈਂ (ਭਾਵ, ਤੂੰ ਸਦਾ ਅਟੱਲ ਹੈਂ) ਦੁਆਰਕਾ ਨਗਰੀ ਵਿਚ ਰਾਸ ਭੀ ਤੂੰ ਆਪ ਹੀ ਪਾਂਦਾ ਹੈਂ (ਭਾਵ, ਕਿਸ਼ਨ ਭੀ ਤੂੰ ਆਪ ਹੀ ਹੈਂ) ।੧।

ਹੇ ਯਾਰ! ਸੋਹਣੀ ਤੇਰੀ ਪੱਗ ਹੈ (ਭਾਵ, ਸੋਹਣਾ ਤੇਰਾ ਸਰੂਪ ਹੈ) ਤੇ ਪਿਆਰੇ ਤੇਰੇ ਬਚਨ ਹਨ, ਨਾਹ ਤੂੰ ਸਿਰਫ਼ ਦੁਆਰਕਾ ਵਿਚ ਹੈਂ ਤੇ ਨਾਹ ਤੂੰ ਸਿਰਫ਼ ਮੁਸਲਮਾਨੀ ਧਰਮ ਦੇ ਕੇਂਦਰ ਮੱਕੇ ਵਿਚ ਹੈਂ (ਭਾਵ, ਤੂੰ ਹਰ ਥਾਂ ਹੈਂ) ।੨।

(ਸ੍ਰਿਸ਼ਟੀ ਦੇ) ਕਈ ਹਜ਼ਾਰਾਂ ਮੰਡਲਾਂ ਦਾ ਤੂੰ ਇਕੱਲਾ (ਆਪ ਹੀ) ਮਾਲਕ ਹੈਂ । ਹੇ ਪਾਤਸ਼ਾਹ! ਇਹੋ ਜਿਹਾ ਹੀ ਸਾਉਲੇ ਰੰਗ ਵਾਲਾ ਕ੍ਰਿਸ਼ਨ ਹੈ (ਭਾਵ, ਕ੍ਰਿਸ਼ਨ ਭੀ ਤੂੰ ਆਪ ਹੀ ਹੈਂ) ।੩।

ਹੇ ਨਾਮਦੇਵ ਦੇ ਖਸਮ ਪ੍ਰਭੂ! ਤੂੰ ਆਪ ਹੀ ਮੀਰ ਹੈਂ ਤੂੰ ਆਪ ਹੀ ਕ੍ਰਿਸ਼ਨ ਹੈਂ, ਤੂੰ ਆਪ ਹੀ ਸੂਰਜ-ਦੇਵਤਾ ਹੈਂ, ਤੂੰ ਆਪ ਹੀ ਇੰਦ੍ਰ ਹੈਂ, ਤੇ ਤੂੰ ਆਪ ਹੀ ਬ੍ਰਹਮਾ ਹੈਂ ।੪।੨।੩।

ਨੋਟ :—ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਈ ਬਾਣੀ (ਚਾਹੇ ਉਹ ਸਤਿਗੁਰੂ ਜੀ ਦੀ ਆਪਣੀ ਉਚਾਰੀ ਹੋਈ ਹੈ ਤੇ ਚਾਹੇ ਕਿਸੇ ਭਗਤ ਦੀ) ਸਿੱਖ ਵਿਚ ਜੀਵਨ ਪੈਦਾ ਕਰਨ ਲਈ ਹੈ, ਸਿੱਖ ਦੇ ਜੀਵਨ ਦੀ ਥੰਮੀ ਹੈ । ਜੇ ਉਹ ਮੁਗ਼ਲ ਦੀ ਕਹਾਣੀ ਠੀਕ ਮੰਨ ਲਈ ਜਾਏ, ਤਾਂ ਸਿੱਖ ਐਸ ਵੇਲੇ ਇਸ ਸ਼ਬਦ ਨੂੰ ਆਪਣੇ ਜੀਵਨ ਦਾ ਆਸਰਾ ਕਿਸ ਤਰੀਕੇ ਨਾਲ ਬਣਾਏ? ਹੁਕਮ ਹੈ—"ਪਰਥਾਇ ਸਾਖੀ ਮਹਾਪੁਰਖ ਬੋਲਦੇ ਸਾਝੀ ਸਗਲ ਜਹਾਨੈ" । ਮੁਗ਼ਲ ਦੇ ਰਾਜ ਵੇਲੇ ਜੇ ਨਾਮਦੇਵ ਜੀ ਨੂੰ ਕਿਸੇ ਮੁਗ਼ਲ ਹਾਕਮ ਵਿਚ ਰੱਬ ਦਿੱਸ ਪਿਆ, ਤਾਂ ਕੀ ਅੰਗ੍ਰੇਜ਼ੀ ਹਕੂਮਤ ਵੇਲੇ ਜੇ ਕੋਈ ਅੰਗ੍ਰੇਜ਼ ਕਿਸੇ ਸਿੱਖ ਉਤੇ ਵਹਿਸ਼ੀਆਨਾ ਵਧੀਕੀ ਕਰੇ ਤਾਂ ਸਿੱਖ ਉਸ ਅੰਗ੍ਰੇਜ਼ ਵਿੱਚ ਰੱਬ ਵੇਖੇ? ਕੀ ਇਹ ਸ਼ਬਦ ਸਿਰਫ਼ ਪਿਛਲੀ ਹੋ ਬੀਤੀ ਕਹਾਣੀ ਨਾਲ ਹੀ ਸੰਬੰਧ ਰੱਖਦਾ ਸੀ? ਕੀ ਇਸ ਦੀ ਹੁਣ ਕਿਸੇ ਸਿੱਖ ਨੂੰ ਆਪਣੇ ਅਮਲੀ ਜੀਵਨ ਵਿਚ ਲੋੜ ਨਹੀਂ ਦਿੱਸਦੀ?

ਜੇ ਨਾਮਦੇਵ ਜੀ ਕਿਸੇ ਉੱਚੀ ਜਾਤ ਦੇ ਹੁੰਦੇ, ਧਨ ਪਦਾਰਥ ਵਾਲੇ ਭੀ ਹੁੰਦੇ ਅਤੇ ਕਿਸੇ ਅਤਿ ਨੀਵੇਂ ਕੰਗਾਲ ਬੰਦੇ ਨੂੰ ਵੇਖ ਕੇ ਵਜਦ ਵਿਚ ਆਉਂਦੇ ਅਤੇ ਉਸ ਨੂੰ ਰੱਬ ਆਖਦੇ, ਤਾਂ ਤੇ ਅਸਾਨੂੰ ਗੁਰੂ ਨਾਨਕ ਦੇਵ ਜੀ ਦਾ ਉੱਚਾ ਨਿਸ਼ਾਨਾ ਇਉਂ ਸਾਹਮਣੇ ਦਿੱਸ ਪੈਂਦਾ—

"ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚ ॥
ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ ॥"

ਪਰ ਮਾੜਾ ਬੰਦਾ ਤਕੜੇ ਨੂੰ ਸਦਾ 'ਮਾਈ ਬਾਪ' ਆਖ ਦਿਆ ਕਰਦਾ ਹੈ । ਇਸ ਵਿਚ ਕੋਈ ਫ਼ਖ਼ਰ ਨਹੀਂ ਕੀਤਾ ਜਾ ਸਕਦਾ । ਸੋ, ਮੁਗ਼ਲ ਅਤੇ ਉਸ ਦੀ ਵਛੇਰੀ ਵਾਲੀ ਕਹਾਣੀ ਇੱਥੇ ਬੇਲੋੜਵੀਂ ਤੇ ਕਾਹਲੀ ਵਿਚ ਹੀ ਜੋੜੀ ਗਈ ਹੈ ।

ਇਸ ਸ਼ਬਦ ਵਿਚ ਵਰਤੇ ਹੋਏ ਲਫ਼ਜ਼ "ਪਗਰੀ" ਅਤੇ "ਮਗੋਲ" ਤੋਂ ਸ਼ਾਇਦ ਇਹ ਕਹਾਣੀ ਚੱਲ ਪਈ ਹੋਵੇ, ਕਿਉਂਕਿ ਲਫ਼ਜ਼ "ਪਗਰੀ" ਵਰਤ ਕੇ ਤਾਂ ਕਿਸੇ ਮਨੁੱਖ ਦਾ ਹੀ ਜ਼ਿਕਰ ਕੀਤਾ ਜਾਪਦਾ ਹੈ । ਪਰ, ਇਉਂ ਤਾਂ ਗੁਰੂ ਨਾਨਕ ਦੇਵ ਜੀ ਪਰਮਾਤਮਾ ਦੀ ਉਸਤਤ ਕਰਦੇ ਕਰਦੇ ਉਸ ਦੇ ਨੱਕ ਤੇ ਸੋਹਣੇ ਕੇਸਾਂ ਦਾ ਭੀ ਜ਼ਿਕਰ ਕਰਦੇ ਹਨ । ਕੀ ਉੱਥੇ ਭੀ ਕਿਸੇ ਮਨੁੱਖ ਦੀ ਹੀ ਕਹਾਣੀ ਜੋੜਨੀ ਪਏਗੀ? ਵੇਖੋ—

ਵਡਹੰਸ ਮਹਲਾ ੧ ਛੰਤ

ਤੇਰੇ ਬੰਕੇ ਲੋਇਣ ਦੰਤ ਰੀਸਾਲਾ ॥ ਸੋਹਣੇ ਨਕ ਜਿਨ ਲੰਮੜੇ ਵਾਲਾ ॥
ਕੰਚਨ ਕਾਇਆ ਸੁਇਨੇ ਕੀ ਢਾਲਾ ॥... ... ... ॥੭॥
ਤੇਰੀ ਚਾਲ ਸੁਹਾਈ ਮਧੁਰਾੜੀ ਬਾਣੀ ॥... ... ...
ਬਿਨਵੰਤਿ ਨਾਨਕੁ ਦਾਸੁ ਹਰਿ ਕਾ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥੮॥੨॥

ਨਾਮਦੇਵ ਜੀ ਦੇ ਇਸ ਸ਼ਬਦ ਵਿਚ ਕਿਸੇ ਘੋੜੀ ਜਾਂ ਘੋੜੀ ਦੇ ਵਛੇਰੇ ਦਾ ਤਾਂ ਕੋਈ ਜ਼ਿਕਰ ਨਹੀਂ, ਸਿਰਫ਼ ਲਫ਼ਜ਼ 'ਬਿਗਾਰ' ਹੀ ਮਿਲਦਾ ਹੈ; ਪਰ ਇਹ ਲਫ਼ਜ਼ ਸਤਿਗੁਰੂ ਜੀ ਨੇ ਭੀ ਕਈ ਵਾਰੀ ਵਰਤਿਆ ਹੈ; ਜਿਵੇਂ—

ਨਿਤ ਦਿਨਸੁ ਰਾਤਿ ਲਾਲਚੁ ਕਰੇ, ਭਰਮੈ ਭਰਮਾਇਆ ॥
ਵੇਗਾਰਿ ਫਿਰੈ ਵੇਗਾਰੀਆ, ਸਿਰਿ ਭਾਰੁ ਉਠਾਇਆ ॥
ਜੋ ਗੁਰ ਕੀ ਜਨੁ ਸੇਵਾ ਕਰੇ, ਸੋ ਘਰ ਕੈ ਕੰਮਿ ਹਰਿ ਲਾਇਆ ॥੧॥੪੮॥

{ਗਉੜੀ ਬੈਰਾਗਣਿ ਮ: ੪, ਪੰਨਾ ੧੬੬

ਕਿਉਂ ਨਾਹ ਇਸ ਸ਼ਬਦ ਵਿਚ ਭੀ ਇਹ ਲਫ਼ਜ਼ ਉਸੇ ਭਾਵ ਵਿਚ ਸਮਝਿਆ ਜਾਏ ਜਿਸ ਵਿਚ ਸਤਿਗੁਰੂ ਜੀ ਨੇ ਵਰਤਿਆ ਹੈ? ਫਿਰ, ਕਿਸੇ ਸੱਜਰ-ਸੂ ਘੋੜੀ ਦਾ ਜ਼ਿਕਰ ਲਿਆਉਣ ਦੀ ਲੋੜ ਹੀ ਨਹੀਂ ਰਹੇਗੀ ।

ਜਿਸ ਤਰੀਕੇ ਨਾਲ ਮੁਗ਼ਲ ਦੀ ਘੋੜੀ ਦਾ ਸੰਬੰਧ ਇਸ ਸ਼ਬਦ ਨਾਲ ਜੋੜਿਆ ਜਾਂਦਾ ਹੈ, ਉਹ ਬੜਾ ਓਪਰਾ ਜਿਹਾ ਲੱਗਦਾ ਹੈ । ਕਹਿੰਦੇ ਹਨ ਕਿ ਜਦੋਂ ਬਿਰਧ ਅਵਸਥਾ ਵਿਚ ਨਾਮਦੇਵ ਜੀ ਕੱਪੜਿਆਂ ਦੀ ਪੰਡ ਚੁੱਕ ਕੇ ਘਾਟ ਤਕ ਅਪੜਾਉਣ ਵਿਚ ਔਖਿਆਈ ਮਹਿਸੂਸ ਕਰਨ ਲੱਗੇ, ਤਾਂ ਉਹਨਾਂ ਦੇ ਮਨ ਵਿਚ ਫੁਰਨਾ ਉੱਠਿਆ ਕਿ ਜੇ ਇਕ ਘੋੜੀ ਲੈ ਲਈਏ ਤਾਂ ਕੱਪੜੇ ਉਸ ਉੱਤੇ ਲੱਦ ਲਏ ਜਾਇਆ ਕਰਨ । ਪਰ ਨਾਮਦੇਵ ਜੀ ਦਾ ਇਹ ਖ਼ਿਆਲ ਪਰਮਾਤਮਾ ਨੂੰ ਚੰਗਾ ਨਾਹ ਲੱਗਾ, ਕਿਉਂਕਿ ਇਸ ਤਰ੍ਹਾਂ ਨਾਮਦੇਵ ਦੇ ਮਾਇਆ ਵਿਚ ਫਸਣ ਦਾ ਖ਼ਤਰਾ ਜਾਪਦਾ ਸੀ ।

ਕਹਾਣੀ ਬਹੁਤ ਹੀ ਕੱਚੀ ਜਿਹੀ ਜਾਪਦੀ ਹੈ । ਕੁਦਰਤ ਦੇ ਨੇਮ ਅਨੁਸਾਰ ਹੀ ਮਨੁੱਖ ਉੱਤੇ ਬਿਰਧ ਅਵਸਥਾ ਆਉਂਦੀ ਹੈ । ਤਦੋਂ ਸਰੀਰਕ ਕਮਜ਼ੋਰੀ ਕਰਕੇ ਜੇ ਭਗਤ ਨਾਮਦੇਵ ਜੀ ਨੂੰ ਆਪਣੇ ਜੀਵਨ-ਨਿਰਬਾਹ ਲਈ ਮਜ਼ਦੂਰੀ ਕਰਨ ਵਿਚ ਘੋੜੀ ਦੀ ਲੋੜ ਜਾਪੀ ਤਾਂ ਇਹ ਕੋਈ ਪਾਪ ਨਹੀਂ । ਵੇਹਲੜ ਰਹਿ ਕੇ, ਭਗਤੀ ਦੇ ਇਵਜ਼ ਵਿਚ ਲੋਕਾਂ ਉੱਤੇ ਆਪਣੀ ਰੋਟੀ ਦਾ ਭਾਰ ਪਾਣਾ ਤਾਂ ਪਰਤੱਖ ਮਾੜਾ ਕੰਮ ਹੈ । ਪਰ ਭਗਤੀ ਦੇ ਨਾਲ ਨਾਲ ਕਿਰਤ-ਕਾਰ ਭੀ ਆਪਣੀ ਹੱਥੀਂ ਕਰਨੀ, ਇਹ ਤਾਂ ਸਗੋਂ ਧਰਮ ਦਾ ਸਹੀ ਨਿਸ਼ਾਨਾ ਹੈ ।

ਪੰਡਤ ਤਾਰਾ ਸਿੰਘ ਜੀ ਨੇ ਇਸ ਕਹਾਣੀ ਦੇ ਥਾਂ ਸਿਰਫ਼ ਇਹੀ ਲਿਖਿਆ ਹੈ ਕਿ ਦੁਆਰਕਾ ਤੋਂ ਤੁਰਨ ਲੱਗਿਆਂ ਨਾਮਦੇਵ ਜੀ ਨੂੰ ਥਕੇਵੇਂ ਤੋਂ ਬਚਣ ਲਈ ਘੋੜੀ ਦੀ ਲੋੜ ਮਹਿਸੂਸ ਹੋਈ । ਸ਼ਬਦ ਵਿਚ ਚੂੰਕਿ ਘੋੜੀ ਅਤੇ ਵਛੇਰੇ ਦਾ ਕੋਈ ਜ਼ਿਕਰ ਨਹੀਂ ਹੈ, ਹੁਣ ਦੇ ਵਿਦਵਾਨਾਂ ਨੇ ਇਹ ਲਿਖਿਆ ਹੈ ਕਿ ਦੁਆਰਕਾ ਵਿਚ ਨਾਮਦੇਵ ਨੂੰ ਕਿਸੇ ਮੁਗ਼ਲ ਨੇ ਵਿਗਾਰੇ ਫੜ ਲਿਆ, ਤਾਂ ਉਸ ਨੇ ਮੁਗ਼ਲ ਵਿਚ ਭੀ ਰੱਬ ਤੱਕ ਕੇ ਇਹ ਸ਼ਬਦ ਉਚਾਰਿਆ ।

ਇੱਕੋ ਹੀ ਸ਼ਬਦ ਬਾਰੇ ਵੱਖੋ-ਵੱਖ ਉਥਾਨਕਾ ਬਣ ਜਾਣ ਤੋਂ ਹੀ ਸ਼ੱਕ ਪੱਕਾ ਹੁੰਦਾ ਜਾਂਦਾ ਹੈ ਕਿ ਸ਼ਬਦ ਦੇ ਅਰਥ ਦੀ ਔਖਿਆਈ ਨੇ ਮਜਬੂਰ ਕੀਤਾ ਹੈ ਕੋਈ ਸੁਖੱਲਾ ਹੱਲ ਲੱਭਣ ਲਈ, ਨਹੀਂ ਤਾਂ ਕਿਸੇ ਘੋੜੀ ਜਾਂ ਵਿਗਾਰ ਵਾਲੀ ਕੋਈ ਘਟਨਾ ਨਹੀਂ ਵਾਪਰੀ । ਇਹ ਗੱਲ ਬਾਰੇ ਵਿਦਵਾਨ ਮੰਨਦੇ ਹਨ ਕਿ ਨਾਮਦੇਵ ਜੀ ਦੀ ਉਸ ਵੇਲੇ ਇਤਨੀ ਉੱਚੀ ਆਤਮਕ ਅਵਸਥਾ ਸੀ ਕਿ ਉਹ ਅਕਾਲ ਪੁਰਖ ਨੂੰ ਹਰ ਥਾਂ ਪ੍ਰਤੱਖ ਵੇਖ ਰਹੇ ਸਨ, ਉਸ ਮੁਗ਼ਲ ਵਿਚ ਭੀ ਉਹਨਾਂ ਆਪਣੇ ਪਰਮਾਤਮਾ ਨੂੰ ਹੀ ਵੇਖਿਆ; ਉਸ ਵੇਲੇ ਉਹ ਜਗਤ ਦੇ ਕਰਤਾਰ ਦੇ ਨਿਰਗੁਣ ਸਰੂਪ ਦੇ ਅਨਿੰਨ ਭਗਤ ਸਨ । ਪਰ ਇੱਥੇ ਇਕ ਭਾਰੀ ਔਕੜ ਆ ਪੈਂਦੀ ਹੈ, ਉਹ ਇਹ ਕਿ ਭਗਤ ਨਾਮਦੇਵ ਜੀ ਤਦੋਂ ਦੁਆਰਕਾ ਕੀਹ ਕਰਨ ਗਏ ਸਨ? ਕਈ ਕਾਰਨ ਹੋ ਸਕਦੇ ਹਨ—ਸੈਰ ਕਰਨ, ਕਿਸੇ ਸਾਕ-ਅੰਗ ਨੂੰ ਮਿਲਣ, ਰੋਜ਼ੀ ਸੰਬੰਧੀ ਕਿਸੇ ਕਾਰ-ਵਿਹਾਰ ਤੇ, ਕਿਸੇ ਹਕੀਮ ਵੈਦ ਤੋਂ ਕੋਈ ਦਵਾ ਦਾਰੂ ਲੈਣ? ਜਦੋਂ ਅਸੀ ਇਹ ਵੇਖਦੇ ਹਾਂ ਕਿ ਨਾਮਦੇਵ ਜੀ ਦੇ ਨਗਰ ਪੰਡਰਪੁਰ ਤੋਂ ਦੁਆਰਕਾ ਦੀ ਵਿੱਥ ਛੇ ਸੌ ਮੀਲ ਦੇ ਕਰੀਬ ਹੈ, ਤਾਂ ਉੱਪਰਲੇ ਸਾਰੇ ਅੰਦਾਜ਼ੇ ਰਹਿ ਜਾਂਦੇ ਹਨ, ਕਿਉਂਕਿ ਉਸ ਜ਼ਮਾਨੇ ਵਿਚ ਗੱਡੀਆਂ ਆਦਿਕ ਦਾ ਸਿਲਸਿਲਾ ਕੋਈ ਹੈ ਹੀ ਨਹੀਂ ਸੀ । ਇਤਨਾ ਲੰਮਾ ਪੈਂਡਾ ਤੁਰ ਕੇ ਜਾਣ ਲਈ ਆਖ਼ਰ ਕੋਈ ਬੜੀ ਡਾਢੀ ਤਕੜੀ ਲੋੜ ਹੀ ਪਈ ਹੋਵੇਗੀ । ਦੁਆਰਕਾ ਕ੍ਰਿਸ਼ਨ ਜੀ ਦੀ ਨਗਰੀ ਹੈ ਤੇ ਕ੍ਰਿਸ਼ਨ ਜੀ ਦੇ ਭਗਤ ਦੂਰੋਂ ਦੂਰੋਂ ਦੁਆਰਕਾ ਦੇ ਦਰਸ਼ਨ ਨੂੰ ਜਾਂਦੇ ਹਨ । ਗੁਰੂ ਅਮਰਦਾਸ ਜੀ ਦੇ ਵੇਲੇ ਦੀ ਪੰਡਤ ਮਾਈ ਦਾਸ ਦੀ ਕਥਾ ਭੀ ਬੜੀ ਉੱਘੀ ਹੈ । ਸੋ, ਕੀ ਭਗਤ ਨਾਮਦੇਵ ਜੀ ਬਾਕੀ ਕ੍ਰਿਸ਼ਨ-ਭਗਤਾਂ ਵਾਂਗ ਦੁਆਰਕਾ ਦੇ ਦਰਸ਼ਨ ਨੂੰ ਗਏ ਸਨ? ਇਹ ਨਹੀਂ ਹੋ ਸਕਦਾ । ਨਾਮਦੇਵ ਜੀ ਦਾ ਇਹ ਸ਼ਬਦ ਹੀ ਦੱਸਦਾ ਹੈ ਕਿ ਉਹ "ਚੰਦੀ ਹਜ਼ਾਰ ਆਲਮ" ਦੇ "ਏਕਲ ਖਾਨਾਂ" ਦੇ ਅਨਿੰਨ ਭਗਤ ਸਨ । ਮੁਗ਼ਲ ਦੀ ਕਹਾਣੀ ਲਿਖਣ ਵਾਲੇ ਭੀ ਇਹ ਮੰਨਦੇ ਹਨ ਕਿ ਉਹਨਾਂ ਮੁਗ਼ਲ ਵਿਚ ਵੀ ਰੱਬ ਵੇਖਿਆ । ਤਾਂ ਤੇ ਸਰਬ-ਵਿਆਪਕ ਪਰਮਾਤਮਾ ਦੇ ਭਗਤ ਨੂੰ ਉਚੇਚਾ ਛੇ ਸੌ ਮੀਲ ਪੈਂਡਾ ਮਾਰ ਕੇ ਮੂਰਤੀ ਦੇ ਦਰਸ਼ਨ ਵਾਸਤੇ ਦੁਆਰਕਾ ਜਾਣ ਦੀ ਲੋੜ ਨਹੀਂ ਸੀ । ਇਹ ਕਹਾਣੀ ਇਸ ਸ਼ਬਦ ਦੇ ਲਫ਼ਜ਼ "ਦੁਆਰਕਾ, ਮਗੋਲ, ਪਗਰੀ, ਬਿਗਾਰੀ" ਨੂੰ ਕਾਹਲੀ ਨਾਲ ਜੋੜਿਆਂ ਬਣਾਈ ਗਈ ਹੈ । ਇਸ ਸ਼ਬਦ ਵਿਚ ਨਿਰੋਲ ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ ਹੈ ਤੇ ਬੱਸ ।

ਭਾਵ :—ਪਰਮਾਤਮਾ ਸਦਾ ਅਟੱਲ ਹੈ, ਅਤੇ ਹਰ ਥਾਂ ਮੌਜੂਦ ਹੈ ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥
ਰਾਗੁ ਸੂਹੀ ਮਹਲਾ ੧ ਚਉਪਦੇ ਘਰੁ ੧
ਭਾਂਡਾ ਧੋਇ ਬੈਸਿ ਧੂਪੁ ਦੇਵਹੁ ਤਉ ਦੂਧੈ ਕਉ ਜਾਵਹੁ ॥ ਦੂਧੁ ਕਰਮ ਫੁਨਿ ਸੁਰਤਿ ਸਮਾਇਣੁ ਹੋਇ ਨਿਰਾਸ ਜਮਾਵਹੁ ॥੧॥ ਜਪਹੁ ਤ ਏਕੋ ਨਾਮਾ ॥ ਅਵਰਿ ਨਿਰਾਫਲ ਕਾਮਾ ॥੧॥ ਰਹਾਉ ॥ ਇਹੁ ਮਨੁ ਈਟੀ ਹਾਥਿ ਕਰਹੁ ਫੁਨਿ ਨੇਤ੍ਰਉ ਨੀਦ ਨ ਆਵੈ ॥ ਰਸਨਾ ਨਾਮੁ ਜਪਹੁ ਤਬ ਮਥੀਐ ਇਨ ਬਿਧਿ ਅੰਮ੍ਰਿਤੁ ਪਾਵਹੁ ॥੨॥ ਮਨੁ ਸੰਪਟੁ ਜਿਤੁ ਸਤ ਸਰਿ ਨਾਵਣੁ ਭਾਵਨ ਪਾਤੀ ਤ੍ਰਿਪਤਿ ਕਰੇ ॥ ਪੂਜਾ ਪ੍ਰਾਣ ਸੇਵਕੁ ਜੇ ਸੇਵੇ ਇਨ੍ਹ ਬਿਧਿ ਸਾਹਿਬੁ ਰਵਤੁ ਰਹੈ ॥੩॥ ਕਹਦੇ ਕਹਹਿ ਕਹੇ ਕਹਿ ਜਾਵਹਿ ਤੁਮ ਸਰਿ ਅਵਰੁ ਨ ਕੋਈ ॥ ਭਗਤਿਹੀਣੁ ਨਾਨਕੁ ਜਨੁ ਜੰਪੈ ਹਉ ਸਾਲਾਹੀ ਸਚਾ ਸੋਈ ॥੪॥੧॥ {ਪੰਨਾ 728}

ਪਦ ਅਰਥ :—ਚਉਪਦੇ—ਚਾਰ ਪਦਾਂ ਵਾਲੇ, ਚਾਰ ਬੰਦਾਂ ਵਾਲੇ ਸ਼ਬਦ ।

ਨੋਟ :—ਇਸ ਸ਼ਬਦ ਵਿਚ ਦੋ ਅਲੰਕਾਰ ਦਿੱਤੇ ਹੋਏ ਹਨ—ਦੁੱਧ ਰਿੜਕਣ ਦਾ ਅਤੇ ਮੂਰਤੀ ਨੂੰ ਪੂਜਣ ਦਾ । ਭਾਂਡਾ ਧੋ ਮਾਂਜ ਕੇ ਉਸ ਵਿਚ ਦੁੱਧ ਪਾਈਦਾ ਹੈ ਤੇ ਜਾਗ ਲਾਈਦੀ ਹੈ । ਨੇਤ੍ਰੇ ਦੀਆਂ ਈਟੀਆਂ ਹੱਥ ਵਿਚ ਫੜ ਕੇ ਦੁੱਧ ਭਾਂਡੇ ਵਿਚ ਰਿੜਕੀਦਾ ਹੈ ਤੇ ਮੱਖਣ ਕੱਢੀਦਾ ਹੈ ।

ਠਾਕਰਾਂ ਦੀ ਮੂਰਤੀ ਨੂੰ ਡੱਬੇ ਵਿਚ ਪਾ ਕੇ ਰੱਖੀਦਾ ਹੈ, ਇਸ਼ਨਾਨ ਕਰਾਈਦਾ ਹੈ, ਫੁੱਲ ਪੱਤਰ ਆਦਿਕ ਭੇਟਾ ਕਰ ਕੇ ਪੂਜਾ ਕਰੀਦੀ ਹੈ ।

ਧੋਇ—ਧੋ ਕੇ । ਬੈਸਿ—ਬੈਠ ਕੇ, ਟਿਕ ਕੇ । ਤਉ—ਤਦੋਂ । ਦੂਧੈ ਕਉ—ਦੁੱਧ ਲੈਣ ਵਾਸਤੇ । ਕਰਮ—ਰੋਜ਼ਾਨਾ ਕਿਰਤ-ਕਾਰ । ਸਮਾਇਣੁ—ਜਾਗ । ਨਿਰਾਸ—ਦੁਨੀਆ ਦੀਆਂ ਆਸਾਂ ਤੋਂ ਨਿਰਲੇਪ ਹੋ ਕੇ ।੧।

ਏਕੋ ਨਾਮਾ—ਸਿਰਫ਼ ਪ੍ਰਭੂ-ਨਾਮ ਹੀ । ਅਵਰਿ—ਹੋਰ ਉੱਦਮ । ਨਿਰਾਫਲ—ਵਿਅਰਥ ।੧।ਰਹਾਉ।

ਹਾਥਿ—ਹੱਥ ਵਿਚ । ਨੇਤ੍ਰਉ—ਨੇਤ੍ਰਾ, ਮਧਾਣੀ ਦੇ ਦੁਆਲੇ ਵਲ੍ਹੇਟੀ ਹੋਈ ਉਹ ਰੱਸੀ ਜਿਸ ਦੀ ਮਦਦ ਨਾਲ ਮਧਾਣੀ ਨੂੰ ਭਵਾਂ ਕੇ ਚਾਟੀ ਵਿਚਲਾ ਦੁੱਧ ਰਿੜਕੀਦਾ ਹੈ । ਮਥੀਐ—ਰਿੜਕੀਦਾ ਹੈ । ਇਨ ਬਿਧਿ—ਇਹਨਾਂ ਤਰੀਕਿਆਂ ਨਾਲ ।੨।

ਸੰਪਟੁ—ਉਹ ਡੱਬਾ ਜਿਸ ਵਿਚ ਠਾਕੁਰ-ਮੂਰਤੀ ਨੂੰ ਰੱਖੀਦਾ ਹੈ । ਜਿਤੁ—ਜਿਸ (ਨਾਮ) ਦੀ ਰਾਹੀਂ । ਸਤ ਸਰਿ—ਸਤ ਸਰੋਵਰ ਵਿਚ, ਸਾਧ ਸੰਗਤਿ ਵਿਚ । ਭਵਨ—ਸਰਧਾ । ਪਾਤੀ—ਪੱਤਰਾਂ ਨਾਲ । ਤ੍ਰਿਪਤਿ ਕਰੇ—ਪ੍ਰਸੰਨ ਕਰੇ । ਪੂਜਾ ਪ੍ਰਾਣ—ਪ੍ਰਾਣਾਂ ਪ੍ਰਯੰਤ ਪੂਜਾ ਕਰੇ, ਆਪਾ ਵਾਰੇ, ਅਪਣੱਤ ਛੱਡੇ । ਰਵਤੁ ਰਹੈ—ਮਿਲਿਆ ਰਹਿੰਦਾ ਹੈ ।੩।

ਕਹਦੇ—ਕਹਿਣ ਵਾਲੇ, (ਸਿਮਰਨ ਤੋਂ ਬਿਨਾ ਪ੍ਰਭੂ ਨੂੰ ਪ੍ਰਸੰਨ ਕਰਨ ਦੇ ਹੋਰ ਹੋਰ ਉੱਦਮ) ਦੱਸਣ ਵਾਲੇ । ਕਹੇ ਕਹਿ—ਕਹਿ ਕਹਿ, ਦੱਸ ਦੱਸ ਕੇ । ਜਾਵਹਿ—ਚਲੇ ਜਾਂਦੇ ਹਨ, ਵਿਅਰਥ ਸਮਾ ਗਵਾ ਜਾਂਦੇ ਹਨ । ਤੁਮ ਸਰਿ—ਤੇਰੇ ਬਰਾਬਰ, ਤੇਰੇ ਸਿਮਰਨ ਦੇ ਨਾਲ ਦਾ । ਅਵਰੁ—ਹੋਰ ਉੱਦਮ । ਜੰਪੈ—ਬੇਨਤੀ ਕਰਦਾ ਹੈ । ਹਉ—ਮੈਂ । ਸਾਲਾਹੀ—ਸਿਫ਼ਤਿ-ਸਾਲਾਹ ਕਰਾਂ ।੪।

ਅਰਥ :—(ਹੇ ਭਾਈ! ਜੇ ਪ੍ਰਭੂ ਨੂੰ ਪ੍ਰਸੰਨ ਕਰਨਾ ਹੈ) ਤਾਂ ਸਿਰਫ਼ ਪ੍ਰਭੂ-ਨਾਮ ਹੀ ਜਪੋ (ਸਿਮਰਨ ਛੱਡ ਕੇ ਪ੍ਰਭੂ ਨੂੰ ਪ੍ਰਸੰਨ ਕਰਨ ਦੇ) ਹੋਰ ਸਾਰੇ ਉੱਦਮ ਵਿਅਰਥ ਹਨ ।੧।ਰਹਾਉ।

(ਮੱਖਣ ਹਾਸਲ ਕਰਨ ਲਈ, ਹੇ ਭਾਈ!) ਤੁਸੀ (ਪਹਿਲਾਂ) ਭਾਂਡਾ ਧੋ ਕੇ ਬੈਠ ਕੇ (ਉਸ ਭਾਂਡੇ ਨੂੰ) ਧੂਪ ਦੇ ਕੇ ਤਦੋਂ ਦੁੱਧ ਲੈਣ ਜਾਂਦੇ ਹੋ (ਫਿਰ ਜਾਗ ਲਾ ਕੇ ਉਸ ਨੂੰ ਜਮਾਂਦੇ ਹੋ । ਇਸੇ ਤਰ੍ਹਾਂ ਜੇ ਨਾਮ-ਅੰਮ੍ਰਿਤ ਪ੍ਰਾਪਤ ਕਰਨਾ ਹੈ, ਤਾਂ) ਹਿਰਦੇ ਨੂੰ ਪਵਿਤ੍ਰ ਕਰ ਕੇ ਮਨ ਨੂੰ ਰੋਕੋ—ਇਹ ਇਸ ਹਿਰਦਾ-ਭਾਂਡੇ ਨੂੰ ਧੂਪ ਦਿਉ । ਤਦੋਂ ਦੁੱਧ ਲੈਣ ਜਾਵੋ । ਰੋਜ਼ਾਨਾ ਕਿਰਤ-ਕਾਰ ਦੁੱਧ ਹੈ, ਪ੍ਰਭੂ-ਚਰਨਾਂ ਵਿਚ (ਹਰ ਵੇਲੇ) ਸੁਰਤਿ ਜੋੜੀ ਰੱਖਣੀ (ਰੋਜ਼ਾਨਾ ਕਿਰਤ-ਕਾਰ ਵਿੱਚ) ਜਾਗ ਲਾਣੀ ਹੈ, (ਜੁੜੀ ਸੁਰਤਿ ਦੀ ਬਰਕਤਿ ਨਾਲ) ਦੁਨੀਆਂ ਦੀਆਂ ਆਸਾਂ ਤੋਂ ਉਤਾਂਹ ਉੱਠੋ, ਇਸ ਤਰ੍ਹਾਂ ਇਹ ਦੁੱਧ ਜਮਾਵੋ (ਭਾਵ, ਜੁੜੀ ਸੁਰਤਿ ਦੀ ਸਹਾਇਤਾ ਨਾਲ ਰੋਜ਼ਾਨਾ ਕਿਰਤ-ਕਾਰ ਕਰਦਿਆਂ ਭੀ ਮਾਇਆ ਵਲੋਂ ਉਪਰਾਮਤਾ ਜੇਹੀ ਹੀ ਰਹੇਗੀ) ।੧।

(ਦੁੱਧ ਰਿੜਕਣ ਵੇਲੇ ਤੁਸੀ ਨੇਤ੍ਰੇ ਦੀਆਂ ਈਟੀਆਂ ਹੱਥ ਵਿਚ ਫੜਦੇ ਹੋ) ਆਪਣੇ ਇਸ ਮਨ ਨੂੰ ਵੱਸ ਵਿਚ ਕਰੋ (ਆਤਮਕ ਜੀਵਨ ਦੇ ਵਾਸਤੇ ਇਸ ਤਰ੍ਹਾਂ ਇਹ ਮਨ-ਰੂਪ) ਈਟੀਆਂ ਹੱਥ ਵਿਚ ਫੜੋ । ਮਾਇਆ ਦੇ ਮੋਹ ਦੀ ਨੀਂਦ (ਮਨ ਉੱਤੇ) ਪ੍ਰਭਾਵ ਨ ਪਾਏ—ਇਹ ਹੈ ਨੇਤ੍ਰਾ । ਜੀਭ ਨਾਲ ਪਰਮਾਤਮਾ ਦਾ ਨਾਮ ਜਪੋ (ਜਿਉਂ ਜਿਉਂ ਨਾਮ ਜਪੋਗੇ,) ਤਿਉਂ ਤਿਉਂ (ਇਹ ਰੋਜ਼ਾਨਾ ਕਿਰਤ-ਕਾਰ-ਰੂਪ ਦੁੱਧ) ਰਿੜਕੀਂਦਾ ਰਹੇਗਾ, ਇਹਨਾਂ ਤਰੀਕਿਆਂ ਨਾਲ (ਰੋਜ਼ਾਨਾ ਕਿਰਤ-ਕਾਰ ਕਰਦੇ ਹੋਏ ਹੀ) ਨਾਮ-ਅੰਮ੍ਰਿਤ ਪ੍ਰਾਪਤ ਕਰ ਲਵੋਗੇ ।੨।

(ਪੁਜਾਰੀ ਮੂਰਤੀ ਨੂੰ ਡੱਬੇ ਵਿਚ ਪਾਂਦਾ ਹੈ, ਜੇ ਜੀਵ) ਆਪਣੇ ਮਨ ਨੂੰ ਡੱਬਾ ਬਣਾਏ (ਉਸ ਵਿਚ ਪਰਮਾਤਮਾ ਦਾ ਨਾਮ ਟਿਕਾ ਕੇ ਰੱਖੇ) ਉਸ ਨਾਮ ਦੀ ਰਾਹੀਂ ਸਾਧ ਸੰਗਤਿ ਸਰੋਵਰ ਵਿਚ ਇਸ਼ਨਾਨ ਕਰੇ, (ਮਨ ਵਿਚ ਟਿਕੇ ਹੋਏ ਪ੍ਰਭੂ-ਠਾਕੁਰ ਨੂੰ) ਸਰਧਾ ਦੇ ਪੱਤਰਾਂ ਨਾਲ ਪ੍ਰਸੰਨ ਕਰੇ, ਜੇ ਜੀਵ ਸੇਵਕ ਬਣ ਕੇ ਆਪਾ-ਭਾਵ ਛੱਡ ਕੇ (ਅੰਦਰ-ਵੱਸਦੇ ਠਾਕੁਰ-ਪ੍ਰਭੂ ਦੀ) ਸੇਵਾ (ਸਿਮਰਨ) ਕਰੇ, ਤਾਂ ਇਹਨਾਂ ਤਰੀਕਿਆਂ ਨਾਲ ਉਹ ਜੀਵ ਮਾਲਕ-ਪ੍ਰਭੂ ਨੂੰ ਸਦਾ ਮਿਲਿਆ ਰਹਿੰਦਾ ਹੈ ।੩।

(ਸਿਮਰਨ ਤੋਂ ਬਿਨਾ ਪ੍ਰਭੂ ਨੂੰ ਪ੍ਰਸੰਨ ਕਰਨ ਦੇ ਹੋਰ ਹੋਰ ਉੱਦਮ) ਦੱਸਣ ਵਾਲੇ ਬੰਦੇ ਜੋ ਜੋ ਭੀ ਹੋਰ ਹੋਰ ਉੱਦਮ ਦੱਸਦੇ ਹਨ, ਉਹ ਦੱਸ ਦੱਸ ਕੇ ਆਪਣਾ ਜੀਵਨ-ਸਮਾ ਵਿਅਰਥ ਗਵਾ ਜਾਂਦੇ ਹਨ (ਕਿਉਂਕਿ) ਹੇ ਪ੍ਰਭੂ! ਤੇਰੇ ਸਿਮਰਨ ਵਰਗਾ ਹੋਰ ਕੋਈ ਉੱਦਮ ਨਹੀਂ ਹੈ । (ਭਾਵੇਂ) ਨਾਨਕ (ਤੇਰਾ) ਦਾਸ ਭਗਤੀ ਤੋਂ ਸੱਖਣਾ (ਹੀ ਹੈ ਫਿਰ ਭੀ ਇਹ ਇਹੀ) ਬੇਨਤੀ ਕਰਦਾ ਹੈ ਕਿ ਮੈਂ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਦਾ ਸਿਫ਼ਤਿ-ਸਾਲਾਹ ਕਰਦਾ ਰਹਾਂ ।੪।੧।

ਸੂਹੀ ਮਹਲਾ ੧ ਘਰੁ ੨

ੴ ਸਤਿਗੁਰ ਪ੍ਰਸਾਦਿ ॥ ਅੰਤਰਿ ਵਸੈ, ਨ ਬਾਹਰਿ ਜਾਇ ॥ ਅੰਮ੍ਰਿਤੁ ਛੋਡਿ ਕਾਹੇ ਬਿਖੁ ਖਾਇ ॥੧॥ ਐਸਾ ਗਿਆਨੁ ਜਪਹੁ ਮਨ ਮੇਰੇ ॥ ਹੋਵਹੁ ਚਾਕਰ ਸਾਚੇ ਕੇਰੇ ॥੧॥ ਰਹਾਉ ॥ ਗਿਆਨੁ ਧਿਆਨੁ ਸਭੁ ਕੋਈ ਰਵੈ ॥ ਬਾਂਧਨਿ ਬਾਂਧਿਆ ਸਭੁ ਜਗੁ ਭਵੈ ॥੨॥ ਸੇਵਾ ਕਰੇ ਸੁ ਚਾਕਰੁ ਹੋਇ ॥ ਜਲਿ ਥਲਿ ਮਹੀਅਲਿ ਰਵਿ ਰਹਿਆ ਸੋਇ ॥੩॥ ਹਮ ਨਹੀ ਚੰਗੇ ਬੁਰਾ ਨਹੀ ਕੋਇ ॥ ਪ੍ਰਣਵਤਿ ਨਾਨਕੁ ਤਾਰੇ ਸੋਇ ॥੪॥੧॥੨॥ {ਪੰਨਾ 728}

ਪਦ ਅਰਥ :—ਅੰਤਰਿ—ਅੰਤਰ ਆਤਮੇ । ਵਸੈ—ਟਿਕਿਆ ਰਹਿੰਦਾ ਹੈ । ਬਾਹਰਿ—ਦੁਨੀਆ ਦੇ ਰਸਾਂ ਪਦਾਰਥਾਂ ਵਲ । ਛੋਡਿ—ਛੱਡ ਕੇ । ਚਾਹੇ—ਕਿਉਂ? ਬਿਖੁ—ਜ਼ਹਿਰ, ਚਸਕਿਆਂ-ਰੂਪ ਜ਼ਹਿਰ ।੧।

ਗਿਆਨੁ—ਡੂੰਘੀ ਸਾਂਝ, ਸੂਝ । ਜਪਹੁ—ਮੁੜ ਮੁੜ ਚੇਤੇ ਰੱਖੋ । ਹੋਵਹੁ—ਹੋ ਸਕੋ, ਬਣ ਸਕੋ । ਕੇਰੇ—ਦੇ ।੧।ਰਹਾਉ।

ਗਿਆਨੁ—ਆਤਮਕ ਵਿੱਦਿਆ ਦੀ ਸੂਝ । ਧਿਆਨੁ—ਸੁਰਤਿ ਜੋੜਨੀ, ਮਨ ਇਕਾਗਰ ਕਰਨਾ । ਰਵੈ—ਜ਼ਬਾਨੀ ਜ਼ਬਾਨੀ ਆਖਦਾ ਹੈ । ਬਾਂਧਨਿ—ਬੰਧਨ ਵਿਚ, ਫਾਹੀ ਵਿਚ । ਸਭੁ ਜਗੁ—ਸਾਰਾ ਸੰਸਾਰ । ਭਵੈ—ਭਟਕਦਾ ਹੈ ।੨।

ਸੁ—ਉਹ ਮਨੁੱਖ । ਥਲਿ—ਧਰਤੀ ਦੇ ਅੰਦਰ । ਮਹੀਅਲਿ—ਮਹੀਤਲਿ, ਧਰਤੀ ਦੇ ਤਲ ਉਤੇ, ਧਰਤੀ ਦੇ ਉਪਰਲੇ ਪੁਲਾੜ ਵਿਚ । ਸੋਇ—ਉਹੀ ਪ੍ਰਭੂ ।੩।

ਪ੍ਰਣਵਤਿ—ਬੇਨਤੀ ਕਰਦਾ ਹੈ । ਸੋਇ—ਉਹ ਪਰਮਾਤਮਾ ।੪।

ਅਰਥ :—ਹੇ ਮਨ! ਪਰਮਾਤਮਾ ਨਾਲ ਅਜੇਹੀ ਡੂੰਘੀ ਸਾਂਝ ਪੱਕੀ ਕਰ, (ਜਿਸ ਦੀ ਬਰਕਤਿ ਨਾਲ) ਤੂੰ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ (ਸੱਚਾ) ਸੇਵਕ ਬਣ ਸਕੇਂ ।੧।ਰਹਾਉ।

(ਸੇਵਕ ਉਹ ਹੈ ਜਿਸ ਦਾ ਮਨ) ਦੁਨੀਆ ਦੇ ਰਸਾਂ ਪਦਾਰਥਾਂ ਵਲ ਨਹੀਂ ਦੌੜਦਾ, ਤੇ ਆਪਣੇ ਅੰਤਰ ਆਤਮੇ ਹੀ (ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ; ਪਰਮਾਤਮਾ ਦਾ ਨਾਮ-ਅੰਮ੍ਰਿਤ ਛੱਡ ਕੇ ਉਹ ਵਿਸ਼ਿਆਂ ਦਾ ਜ਼ਹਿਰ ਨਹੀਂ ਖਾਂਦਾ ।੧।

ਜ਼ਬਾਨੀ ਜ਼ਬਾਨੀ ਤਾਂ ਹਰ ਕੋਈ ਆਖਦਾ ਹੈ ਕਿ ਮੈਨੂੰ ਗਿਆਨ ਪ੍ਰਾਪਤ ਹੋ ਗਿਆ ਹੈ, ਮੇਰੀ ਸੁਰਤਿ ਜੁੜੀ ਹੋਈ ਹੈ, ਪਰ (ਵੇਖਣ ਵਿਚ ਇਹ ਆਉਂਦਾ ਹੈ ਕਿ) ਸਾਰਾ ਜਗਤ ਮਾਇਆ ਦੇ ਮੋਹ ਦੀ ਫਾਹੀ ਵਿਚ ਬੱਝਾ ਹੋਇਆ ਭਟਕ ਰਿਹਾ ਹੈ (ਜ਼ਬਾਨੀ ਆਖਿਆਂ ਪ੍ਰਭੂ ਦਾ ਸੇਵਕ ਬਣ ਨਹੀਂ ਸਕੀਦਾ) ।੨।

ਜੋ ਮਨੁੱਖ (ਮਨ ਨੂੰ ਬਾਹਰ ਭਟਕਣੋਂ ਹਟਾ ਕੇ ਪ੍ਰਭੂ ਦਾ) ਸਿਮਰਨ ਕਰਦਾ ਹੈ ਉਹੀ (ਪ੍ਰਭੂ ਦਾ) ਸੇਵਕ ਬਣਦਾ ਹੈ, ਉਸ ਸੇਵਕ ਨੂੰ ਪ੍ਰਭੂ ਜਲ ਵਿਚ ਧਰਤੀ ਦੇ ਅੰਦਰ ਆਕਾਸ਼ ਵਿਚ ਹਰ ਥਾਂ ਵਿਆਪਕ ਦਿੱਸਦਾ ਹੈ ।੩।

ਨਾਨਕ ਬੇਨਤੀ ਕਰਦਾ ਹੈ—ਜੋ ਮਨੁੱਖ (ਹਉਮੈ ਦਾ ਤਿਆਗ ਕਰਦਾ ਹੈ ਤੇ) ਸਮਝਦਾ ਹੈ ਕਿ ਮੈਂ ਹੋਰਨਾਂ ਨਾਲੋਂ ਚੰਗਾ ਨਹੀਂ ਤੇ ਕੋਈ ਮੈਥੋਂ ਮਾੜਾ ਨਹੀਂ, ਅਜੇਹੇ ਸੇਵਕ ਨੂੰ ਪਰਮਾਤਮਾ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਪਾਰ ਲੰਘਾ ਲੈਂਦਾ ਹੈ ।੪।੧।੨।

ਨੋਟ :—ਅਖ਼ੀਰਲੇ ਅੰਕਾਂ ਵਿਚੋਂ ਅੰਕ ੧ ਦੱਸਦਾ ਹੈ ਕਿ 'ਘਰੁ ੨' ਦਾ ਇਹ ਪਹਿਲਾ ਸ਼ਬਦ ਹੈ ।

ਸੂਹੀ ਮਹਲਾ ੧ ਘਰੁ ੬
ੴ ਸਤਿਗੁਰ ਪ੍ਰਸਾਦਿ ॥ ਉਜਲੁ ਕੈਹਾ ਚਿਲਕਣਾ ਘੋਟਿਮ ਕਾਲੜੀ ਮਸੁ ॥ ਧੋਤਿਆ ਜੂਠਿ ਨ ਉਤਰੈ ਜੇ ਸਉ ਧੋਵਾ ਤਿਸੁ ॥੧॥ ਸਜਣ ਸੇਈ ਨਾਲਿ ਮੈ ਚਲਦਿਆ ਨਾਲਿ ਚਲੰਨ੍ਹਿ ॥ ਜਿਥੈ ਲੇਖਾ ਮੰਗੀਐ ਤਿਥੈ ਖੜੇ ਦਿਸੰਨਿ ॥੧॥ ਰਹਾਉ ॥ ਕੋਠੇ ਮੰਡਪ ਮਾੜੀਆ ਪਾਸਹੁ ਚਿਤਵੀਆਹਾ ॥ ਢਠੀਆ ਕੰਮਿ ਨ ਆਵਨ੍ਹੀ ਵਿਚਹੁ ਸਖਣੀਆਹਾ ॥੨॥ ਬਗਾ ਬਗੇ ਕਪੜੇ ਤੀਰਥ ਮੰਝਿ ਵਸੰਨ੍ਹਿ ॥ ਘੁਟਿ ਘੁਟਿ ਜੀਆ ਖਾਵਣੇ ਬਗੇ ਨਾ ਕਹੀਅਨ੍ਹਿ ॥੩॥ ਸਿੰਮਲ ਰੁਖੁ ਸਰੀਰੁ ਮੈ ਮੈਜਨ ਦੇਖਿ ਭੁਲੰਨ੍ਹਿ ॥ ਸੇ ਫਲ ਕੰਮਿ ਨ ਆਵਨ੍ਹੀ ਤੇ ਗੁਣ ਮੈ ਤਨਿ ਹੰਨ੍ਹਿ ॥੪॥ ਅੰਧੁਲੈ ਭਾਰੁ ਉਠਾਇਆ ਡੂਗਰ ਵਾਟ ਬਹੁਤੁ ॥ ਅਖੀ ਲੋੜੀ ਨਾ ਲਹਾ ਹਉ ਚੜਿ ਲੰਘਾ ਕਿਤੁ ॥੫॥ ਚਾਕਰੀਆ ਚੰਗਿਆਈਆ ਅਵਰ ਸਿਆਣਪ ਕਿਤੁ ॥ ਨਾਨਕ ਨਾਮੁ ਸਮਾਲਿ ਤੂੰ ਬਧਾ ਛੁਟਹਿ ਜਿਤੁ ॥੬॥੧॥੩॥ {ਪੰਨਾ 729}

ਪਦ ਅਰਥ :—ਚਿਲਕਣਾ—ਲਿਸ਼ਕਵਾਂ । ਘੋਟਿਮ—ਮੈਂ ਘੋਟਿਆ, ਮੈਂ ਘਸਾਇਆ । ਕਾਲੜੀ—ਕਾਲੀ ਜੇਹੀ, ਥੋੜੀ ਥੋੜੀ ਕਾਲੀ । ਮਸੁ—ਸਿਆਹੀ । ਸਉ—ਸੌ ਵਾਰੀ । ਤਿਸੁ—ਉਸ ਕੈਂਹ (ਦੇ ਭਾਂਡੇ) ਨੂੰ ।੧।

ਸੇਈ—ਉਹ ਹੀ । ਮੈ ਨਾਲਿ ਚਲੰਨ੍ਹਿ—ਮੇਰੇ ਨਾਲ ਸਾਥ ਕਰਦੇ ਹਨ । ਮੰਗੀਐ—ਮੰਗਿਆ ਜਾਂਦਾ ਹੈ । ਖੜੇ—ਖਲੋਤੇ ਹੋਏ, ਅਝੱਕ ਹੋ ਕੇ । ਦਸੰਨ੍ਹਿ—ਦੱਸਦੇ ਹਨ, ਲੇਖਾ ਸਮਝਾਂਦੇ ਹਨ ।੧।ਰਹਾਉ।

ਮੰਡਪ—ਮੰਦਰ । ਪਾਸਹੁ—ਪਾਸਿਆਂ ਤੋਂ, ਚੁਫੇਰਿਓਂ । ਚਿਤਵੀਆਹਾ—ਚਿੱਤਰੀਆਂ ਹੋਈਆਂ । ਕੰਮਿ—ਕੰਮ ਵਿਚ । ਆਵਨ੍ਹੀ—ਆਵਨਿ, ਆਉਂਦੀਆਂ । ਵਿਚਹੁ—ਅੰਦਰੋਂ ।੨।

ਬਗਾ ਕਪੜੇ—ਬਗਲਿਆਂ ਦੇ ਖੰਭ । ਬਗੇ—ਚਿੱਟੇ । ਮੰਝਿ—ਵਿਚ । ਘੁਟਿ ਘੁਟਿ—(ਗਲੋਂ) ਘੁੱਟ ਘੁੱਟ ਕੇ । ਖਾਵਣੇ—ਖਾਣ ਵਾਲੇ । ਕਹੀਅਨ੍ਹਿ—ਕਹੇ ਜਾਂਦੇ ।੩।

ਸਰੀਰੁ ਮੈ—ਮੇਰਾ ਸਰੀਰ । ਮੈਜਨੁ—{ਮੇਧਾਵਿਨੱ} ਤੋਤੇ । ਭੁਲੰਨ੍ਹਿ—ਭੁਲੇਖਾ ਖਾ ਜਾਂਦੇ ਹਨ । ਤੇ ਗੁਣ—ਉਹੀ ਗੁਣ, ਉਹੋ ਜੇਹੇ ਗੁਣ । ਮੈ ਤਨਿ—ਮੇਰੇ ਸਰੀਰ ਵਿਚ । ਹੰਨ੍ਹਿ—ਹਨ ।੪।

ਅੰਧੁਲੈ—ਅੰਨੇ (ਮਨੁੱਖ) ਨੇ । ਡੂਗਰ ਵਾਟ—ਡੂੰਗਰ ਦਾ ਰਸਤਾ, ਪਹਾੜੀ ਰਸਤਾ । ਅਖੀ—ਅੱਖਾਂ ਨਾਲ । ਲੋੜੀ—ਭਾਲਦਾ ਹਾਂ । ਨਾ ਲਹਾ—ਮੈਂ ਲੱਭ ਨਹੀਂ ਸਕਦਾ । ਹਉ—ਮੈਂ । ਕਿਤੁ—ਕਿਸ ਤਰੀਕੇ ਨਾਲ? ।੫।

ਚਾਕਰੀਆ—ਲੋਕਾਂ ਦੀਆਂ ਖ਼ੁਸ਼ਾਮਦਾਂ । ਚੰਗਿਆਈਆ—ਬਾਹਰਲੇ ਵਿਖਾਵੇ । ਕਿਤੁ—ਕਿਸ ਕੰਮ? ਜਿਤੁ—ਜਿਸ ਤਰ੍ਹਾਂ ।੬।

ਅਰਥ :—ਮੈਂ ਕੈਂਹ (ਦਾ) ਸਾਫ਼ ਤੇ ਲਿਸ਼ਕਵਾਂ (ਭਾਂਡਾ) ਘਸਾਇਆ (ਤਾਂ ਉਸ ਵਿਚੋਂ) ਮਾੜੀ ਮਾੜੀ ਕਾਲੀ ਸਿਆਹੀ (ਲੱਗ ਗਈ) । ਜੇ ਮੈਂ ਸੌ ਵਾਰੀ ਭੀ ਉਸ ਕੈਂਹ ਦੇ ਭਾਂਡੇ ਨੂੰ ਧੋਵਾਂ (ਸਾਫ਼ ਕਰਾਂ) ਤਾਂ ਭੀ (ਬਾਹਰੋਂ) ਧੋਣ ਨਾਲ ਉਸ ਦੀ (ਅੰਦਰਲੀ) ਜੂਠ (ਕਾਲਖ) ਦੂਰ ਨਹੀਂ ਹੁੰਦੀ ।੧।

ਮੇਰੇ ਅਸਲ ਮਿੱਤ੍ਰ ਉਹੀ ਹਨ ਜੋ (ਸਦਾ) ਮੇਰੇ ਨਾਲ ਰਹਿਣ, ਤੇ (ਇਥੋਂ) ਤੁਰਨ ਵੇਲੇ ਭੀ ਮੇਰੇ ਨਾਲ ਹੀ ਚੱਲਣ, (ਅਗਾਂਹ) ਜਿਥੇ (ਕੀਤੇ ਕਰਮਾਂ ਦਾ) ਹਿਸਾਬ ਮੰਗਿਆ ਜਾਂਦਾ ਹੈ ਉਥੇ ਅੜੱਕ ਹੋ ਕੇ ਹਿਸਾਬ ਦੇ ਸਕਣ (ਭਾਵ, ਹਿਸਾਬ ਦੇਣ ਵਿਚ ਕਾਮਯਾਬ ਹੋ ਸਕਣ) ।੧।ਰਹਾਉ।

ਜੇਹੜੇ ਘਰ ਮੰਦਰ ਮਹਲ ਚੌਹਾਂ ਪਾਸਿਆਂ ਤੋਂ ਤਾਂ ਚਿੱਤਰੇ ਹੋਏ ਹੋਣ, ਪਰ ਅੰਦਰੋਂ ਖ਼ਾਲੀ ਹੋਣ, (ਉਹ ਢਹਿ ਜਾਂਦੇ ਹਨ ਤੇ) ਢੱਠੇ ਹੋਏ ਕਿਸੇ ਕੰਮ ਨਹੀਂ ਆਉਂਦੇ ।੨।

ਬਗਲਿਆਂ ਦੇ ਚਿੱਟੇ ਖੰਭ ਹੁੰਦੇ ਹਨ, ਵੱਸਦੇ ਭੀ ਉਹ ਤੀਰਥਾਂ ਉਤੇ ਹੀ ਹਨ । ਪਰ ਜੀਆਂ ਨੂੰ (ਗਲੋਂ) ਘੁੱਟ ਘੁੱਟ ਕੇ ਖਾ ਜਾਣ ਵਾਲੇ (ਅੰਦਰੋਂ) ਸਾਫ਼ ਸੁਥਰੇ ਨਹੀਂ ਆਖੇ ਜਾਂਦੇ ।੩।

(ਜਿਵੇਂ) ਸਿੰਬਲ ਦਾ ਰੁੱਖ (ਹੈ ਤਿਵੇਂ) ਮੇਰਾ ਸਰੀਰ ਹੈ, (ਸਿੰਬਲ ਦੇ ਫਲਾਂ ਨੂੰ) ਵੇਖ ਕੇ ਤੋਤੇ ਭੁਲੇਖਾ ਖਾ ਜਾਂਦੇ ਹਨ, (ਸਿੰਬਲ ਦੇ) ਉਹ ਫਲ (ਤੋਤਿਆਂ ਦੇ) ਕੰਮ ਨਹੀਂ ਆਉਂਦੇ, ਉਹੋ ਜੇਹੇ ਹੀ ਗੁਣ ਮੇਰੇ ਸਰੀਰ ਵਿਚ ਹਨ ।੪।

ਮੈਂ ਅੰਨ੍ਹੇ ਨੇ (ਸਿਰ ਉਤੇ ਵਿਕਾਰਾਂ ਦਾ) ਭਾਰ ਚੁੱਕਿਆ ਹੋਇਆ ਹੈ, (ਅਗਾਂਹ ਮੇਰਾ ਜੀਵਨ-ਪੰਧ) ਬੜਾ ਪਹਾੜੀ ਰਸਤਾ ਹੈ । ਅੱਖਾਂ ਨਾਲ ਭਾਲਿਆਂ ਭੀ ਮੈਂ ਰਾਹ-ਖਹਿੜਾ ਲੱਭ ਨਹੀਂ ਸਕਦਾ (ਕਿਉਂਕਿ ਅੱਖਾਂ ਹੀ ਨਹੀਂ ਹਨ । ਇਸ ਹਾਲਤ ਵਿਚ) ਕਿਸ ਤਰੀਕੇ ਨਾਲ (ਪਹਾੜੀ ਤੇ) ਚੜ੍ਹ ਕੇ ਮੈਂ ਪਾਰ ਲੰਘਾਂ? ।੫।

ਹੇ ਨਾਨਕ! (ਪਹਾੜੀ ਰਸਤੇ ਵਰਗੇ ਬਿਖੜੇ ਜੀਵਨ-ਪੰਧ ਵਿਚੋਂ ਪਾਰ ਲੰਘਣ ਲਈ) ਦੁਨੀਆ ਦੇ ਲੋਕਾਂ ਦੀਆਂ ਖ਼ੁਸ਼ਾਮਦਾਂ, ਲੋਕ-ਵਿਖਾਵੇ ਤੇ ਚਲਾਕੀਆਂ ਕਿਸੇ ਕੰਮ ਨਹੀਂ ਆ ਸਕਦੀਆਂ । ਪਰਮਾਤਮਾ ਦਾ ਨਾਮ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖ । (ਮਾਇਆ ਦੇ ਮੋਹ ਵਿਚ) ਬੱਝਾ ਹੋਇਆ ਤੂੰ ਇਸ ਨਾਮ (-ਸਿਮਰਨ) ਦੀ ਰਾਹੀਂ ਹੀ (ਮੋਹ ਦੇ ਬੰਧਨਾਂ ਤੋਂ) ਖ਼ਲਾਸੀ ਪਾ ਸਕੇਂਗਾ ।੬।੧।੩।

ਨੋਟ :—ਅੰਕ ੧ ਦੱਸਦਾ ਹੈ ਕਿ 'ਘਰੁ ੬' ਦਾ ਇਹ ਪਹਿਲਾ ਸ਼ਬਦ ਹੈ । ਸੂਹੀ ਵਿਚ ਹੁਣ ਤਕ ਗੁਰੂ ਨਾਨਕ ਦੇਵ ਜੀ ਦੇ ੩ ਸ਼ਬਦ ਆ ਚੁਕੇ ਹਨ ।

ਸੂਹੀ ਮਹਲਾ ੧ ॥ ਜਪ ਤਪ ਕਾ ਬੰਧੁ ਬੇੜੁਲਾ ਜਿਤੁ ਲੰਘਹਿ ਵਹੇਲਾ ॥ ਨਾ ਸਰਵਰੁ ਨਾ ਊਛਲੈ ਐਸਾ ਪੰਥੁ ਸੁਹੇਲਾ ॥੧॥ ਤੇਰਾ ਏਕੋ ਨਾਮੁ ਮੰਜੀਠੜਾ ਰਤਾ ਮੇਰਾ ਚੋਲਾ ਸਦ ਰੰਗ ਢੋਲਾ ॥੧॥ ਰਹਾਉ ॥ ਸਾਜਨ ਚਲੇ ਪਿਆਰਿਆ ਕਿਉ ਮੇਲਾ ਹੋਈ ॥ ਜੇ ਗੁਣ ਹੋਵਹਿ ਗੰਠੜੀਐ ਮੇਲੇਗਾ ਸੋਈ ॥੨॥ ਮਿਲਿਆ ਹੋਇ ਨ ਵੀਛੁੜੈ ਜੇ ਮਿਲਿਆ ਹੋਈ ॥ ਆਵਾਗਉਣੁ ਨਿਵਾਰਿਆ ਹੈ ਸਾਚਾ ਸੋਈ ॥੩॥ ਹਉਮੈ ਮਾਰਿ ਨਿਵਾਰਿਆ ਸੀਤਾ ਹੈ ਚੋਲਾ ॥ ਗੁਰ ਬਚਨੀ ਫਲੁ ਪਾਇਆ ਸਹ ਕੇ ਅੰਮ੍ਰਿਤ ਬੋਲਾ ॥੪॥ ਨਾਨਕੁ ਕਹੈ ਸਹੇਲੀਹੋ ਸਹੁ ਖਰਾ ਪਿਆਰਾ ॥ ਹਮ ਸਹ ਕੇਰੀਆ ਦਾਸੀਆ ਸਾਚਾ ਖਸਮੁ ਹਮਾਰਾ ॥੫॥੨॥੪॥ {ਪੰਨਾ ੭੨੯}

ਪਦ ਅਰਥ :—ਜਪ ਤਪ ਕਾ ਬੇੜੁਲਾ—ਜਤ ਤਪ ਦਾ ਸੋਹਣਾ ਬੇੜਾ । ਜਪੁ ਤਪੁ—ਨਾਮ-ਸਿਮਰਨ {ਨੋਟ :—'ਰਹਾਉ' ਦੀ ਤੁਕ ਸਦਾ ਸਾਰੇ ਸ਼ਬਦ ਦਾ ਕੇਂਦਰੀ ਭਾਵ ਹੋਇਆ ਕਰਦੀ ਹੈ । ਇਥੇ 'ਰਹਾਉ' ਵਿਚ 'ਨਾਮ' ਨੂੰ ਹੀ ਮਹਾਨਤਾ ਦਿੱਤੀ ਹੈ । ਹੋਰ ਪ੍ਰਮਾਣ ਭੀ ਹਨ :—

ਭਨਤਿ ਨਾਨਕੁ ਕਰੇ ਵੀਚਾਰੁ ॥ ਸਾਚੀ ਬਾਣੀ ਸਿਉ ਧਰੇ ਪਿਆਰੁ ॥
ਤਾ ਕੋ ਪਾਵੈ ਮੋਖ ਦੁਆਰੁ ॥ ਜਪੁ ਤਪੁ ਸਭੁ ਇਹੁ ਸਬਦੁ ਹੈ ਸਾਰੁ ॥੪॥੨॥੪॥ {ਧਨਾਸਰੀ ਮ: ੧, ਪੰਨਾ ੬੬੧

ਐ ਜੀ ਜਪੁ ਤਪੁ ਸੰਜਮੁ ਸਚੁ ਅਧਾਰ ॥
ਹਰਿ ਹਰਿ ਨਾਮੁ ਦੇਹਿ ਸੁਖੁ ਪਾਈਐ ਤੇਰੀ ਭਗਤਿ ਭਰੇ ਭੰਡਾਰ ॥੧॥ਰਹਾਉ॥ {ਗੂਜਰੀ ਮ: ੧, ਪੰਨਾ ੫੦੩

ਬੰਧੁ—ਬੰਨ, ਤਿਆਰ ਕਰ । ਜਿਤੁ—ਜਿਸ ਬੇੜੇ ਦੀ ਰਾਹੀਂ । ਵਹੇਲਾ—ਵਹਿਲਾ, ਛੇਤੀ । ਪੰਥੁ—ਰਸਤਾ, ਜੀਵਨ-ਪੰਥ । ਸੁਹੇਲਾ—ਸੌਖਾ ।੧।

ਮੰਜੀਠੜਾ—ਸੋਹਣੀ ਮਜੀਠ । ਰਤਾ—ਰੰਗਿਆ । ਸਦ ਰੰਗ—ਸਦਾ ਰਹਿਣ ਵਾਲਾ ਰੰਗ, ਪੱਕਾ ਰੰਗ । ਢੋਲਾ—ਹੇ ਮਿੱਤਰ! ਹੇ ਪਿਆਰੇ! ।੧।ਰਹਾਉ।

ਸਾਜਨ—ਹੇ ਸੱਜਣ! ਚਲੇ ਪਿਆਰਿਆ—ਹੇ ਤੁਰੇ ਜਾ ਰਹੇ ਪਿਆਰੇ! ਹੇ ਜੀਵਨ-ਸਫ਼ਰ ਦੇ ਪਿਆਰੇ ਪਾਂਧੀ! ਗੰਠੜੀਐ—ਗੰਢੜੀ ਵਿਚ, ਪੱਲੇ, ਰਾਹ ਦੇ ਸਫ਼ਰ ਵਾਸਤੇ ਬੱਧੀ ਹੋਈ ਗੰਢ ਵਿਚ । ਸੋਈ—ਉਹ ਪਰਮਾਤਮਾ ।੨।

ਆਵਾਗਉਣੁ—ਆਉਣਾ ਤੇ ਜਾਣਾ, ਜਨਮ ਤੇ ਮਰਨ ਦਾ ਗੇੜ । ਨਿਵਾਰਿਆ—ਮੁਕਾ ਦਿੱਤਾ । ਸਾਚਾ—ਸਦਾ-ਥਿਰ ਰਹਿਣ ਵਾਲਾ । ਸੋਈ—ਉਹ ਪ੍ਰਭੂ ।੩।

ਮਾਰਿ—ਮਾਰ ਕੇ । ਸੀਤਾ ਹੈ ਚੋਲਾ—ਆਪਣੇ ਵਾਸਤੇ ਕੁੜਤਾ ਤਿਆਰ ਕੀਤਾ ਹੈ, ਆਪਣੇ ਆਪ ਨੂੰ ਸਿੰਗਾਰਿਆ ਹੈ, ਆਪਣਾ ਆਪਾ ਸੁੰਦਰ ਬਣਾਇਆ ਹੈ । ਸਹ ਕੇ—ਖਸਮ-ਪ੍ਰਭੂ ਦੇ । ਅੰਮ੍ਰਿਤ ਬੋਲਾ—ਅਮਰ ਕਰਨ ਵਾਲੇ ਬੋਲ, ਆਤਮਕ ਜੀਵਨ ਦੇਣ ਵਾਲੇ ਬਚਨ ।੪।

ਖਰਾ—ਬਹੁਤ । ਕੇਰੀਆ—ਦੀਆਂ । ਸਾਚਾ—ਸਦਾ-ਥਿਰ ।੫।

ਅਰਥ :—(ਹੇ ਜੀਵਨ-ਸਫ਼ਰ ਦੇ ਰਾਹੀ!) ਪ੍ਰਭੂ-ਸਿਮਰਨ ਦਾ ਸੋਹਣਾ ਜੇਹਾ ਬੇੜਾ ਤਿਆਰ ਕਰ, ਜਿਸ (ਬੇੜੇ) ਵਿਚ ਤੂੰ (ਇਸ ਸੰਸਾਰ-ਸਮੁੰਦਰ ਵਿਚੋਂ) ਛੇਤੀ ਪਾਰ ਲੰਘ ਜਾਵੇਂਗਾ । (ਸਿਮਰਨ ਦੀ ਬਰਕਤਿ ਨਾਲ) ਤੇਰਾ ਜੀਵਨ-ਰਸਤਾ ਐਸਾ ਸੌਖਾ ਹੋ ਜਾਇਗਾ ਕਿ (ਤੇਰੇ ਰਸਤੇ ਵਿਚ) ਨਾਹ ਇਹ (ਸੰਸਾਰ-) ਸਰੋਵਰ

ਆਵੇਗਾ ਅਤੇ ਨਾਹ ਹੀ (ਇਸ ਦਾ ਮੋਹ) ਉਛਾਲੇ ਮਾਰੇਗਾ ।੧।

ਹੇ ਮਿੱਤਰ (-ਪ੍ਰਭੂ!) ਤੇਰਾ ਨਾਮ ਹੀ ਸੋਹਣੀ ਮਜੀਠ ਹੈ ਜਿਸ ਦੇ ਪੱਕੇ ਰੰਗ ਨਾਲ ਮੇਰਾ (ਆਤਮਕ ਜੀਵਨ ਦਾ) ਚੋਲਾ ਰੰਗਿਆ ਗਿਆ ਹੈ ।੧।ਰਹਾਉ।

ਹੇ ਸੱਜਣ! ਜੀਵਨ-ਸਫ਼ਰ ਦੇ ਹੇ ਪਿਆਰੇ ਪਾਂਧੀ! (ਕੀ ਤੈਨੂੰ ਪਤਾ ਹੈ ਕਿ) ਪ੍ਰਭੂ ਨਾਲ ਮਿਲਾਪ ਕਿਵੇਂ ਹੁੰਦਾ ਹੈ? (ਵੇਖ!) ਜੇ ਪੱਲੇ ਗੁਣ ਹੋਣ ਤਾਂ ਉਹ ਆਪ ਹੀ (ਆਪਣੇ ਨਾਲ) ਮਿਲਾ ਲੈਂਦਾ ਹੈ ।੨।

ਜੇਹੜਾ ਜੀਵ ਪ੍ਰਭੂ-ਚਰਨਾਂ ਵਿਚ ਜੁੜ ਜਾਏ ਜੇ ਉਹ ਸਚ-ਮੁਚ ਦਿਲੋਂ ਮਿਲਿਆ ਹੋਇਆ ਹੈ ਤਾਂ ਫਿਰ ਕਦੇ ਉਹ ਉਸ ਮਿਲਾਪ ਵਿਚੋਂ ਵਿਛੁੜਦਾ ਨਹੀਂ । ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਉਸ ਨੂੰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ ।੩।

ਜਿਸ ਜੀਵ ਨੇ ਹਉਮੈ ਮਾਰ ਕੇ ਆਪਾ-ਭਾਵ ਦੂਰ ਕੀਤਾ ਹੈ ਤੇ (ਇਸ ਤਰ੍ਹਾਂ) ਆਪਣਾ ਆਪਾ ਸੰਵਾਰ ਲਿਆ ਹੈ, ਸਤਿਗੁਰੂ ਦੇ ਬਚਨਾਂ ਤੇ ਤੁਰ ਕੇ ਫਲ ਵਜੋਂ ਉਸ ਨੂੰ ਖਸਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਬੋਲ ਪ੍ਰਾਪਤ ਹੁੰਦੇ ਹਨ ਜੋ ਆਤਮਕ ਜੀਵਨ ਦੇਣ ਦੇ ਸਮਰੱਥ ਹਨ ।੪।

ਨਾਨਕ ਆਖਦਾ ਹੈ—ਹੇ ਸਤਸੰਗੀ ਸਹੇਲੀਹੋ! (ਸਿਮਰਨ ਦੀ ਬਰਕਤਿ ਨਾਲ) ਖਸਮ-ਪ੍ਰਭੂ ਬਹੁਤ ਪਿਆਰਾ ਲੱਗਣ ਲੱਗ ਪੈਂਦਾ ਹੈ, (ਫਿਰ ਇਉਂ ਯਕੀਨ ਬਣਿਆ ਰਹਿੰਦਾ ਹੈ ਕਿ) ਅਸੀ ਖਸਮ ਦੀਆਂ ਗੋਲੀਆਂ ਹਾਂ, ਤੇ ਉਹ ਖਸਮ-ਪ੍ਰਭੂ ਸਦਾ ਸਾਡੇ (ਸਿਰ ਉਤੇ) ਕਾਇਮ ਹੈ ।੫।੨।੪।

ਨੋਟ :—ਅੰਕ ੨ ਦੱਸਦਾ ਹੈ ਕਿ 'ਘਰੁ ੬' ਦਾ ਇਹ ਦੂਜਾ ਸ਼ਬਦ ਹੈ । ਸੂਹੀ ਰਾਗ ਵਿਚ ਗੁਰੂ ਨਾਨਕ ਦੇਵ ਜੀ ਦਾ ਇਹ ਚੌਥਾ ਸ਼ਬਦ ਹੈ ।

ਸੂਹੀ ਮਹਲਾ ੧ ॥ ਜਿਨ ਕਉ ਭਾਂਡੈ ਭਾਉ ਤਿਨਾ ਸਵਾਰਸੀ ॥ ਸੂਖੀ ਕਰੈ ਪਸਾਉ ਦੂਖ ਵਿਸਾਰਸੀ ॥ ਸਹਸਾ ਮੂਲੇ ਨਾਹਿ ਸਰਪਰ ਤਾਰਸੀ ॥੧॥ ਤਿਨ੍ਹਾ ਮਿਲਿਆ ਗੁਰੁ ਆਇ ਜਿਨ੍ ਕਉ ਲੀਖਿਆ ॥ ਅੰਮ੍ਰਿਤੁ ਹਰਿ ਕਾ ਨਾਉ ਦੇਵੈ ਦੀਖਿਆ ॥ ਚਾਲਹਿ ਸਤਿਗੁਰ ਭਾਇ ਭਵਹਿ ਨ ਭੀਖਿਆ ॥੨॥ ਜਾ ਕਉ ਮਹਲੁ ਹਜੂਰਿ ਦੂਜੇ ਨਿਵੈ ਕਿਸੁ ॥ ਦਰਿ ਦਰਵਾਣੀ ਨਾਹਿ ਮੂਲੇ ਪੁਛ ਤਿਸੁ ॥ ਛੁਟੈ ਤਾ ਕੈ ਬੋਲਿ ਸਾਹਿਬ ਨਦਰਿ ਜਿਸੁ ॥੩॥ ਘਲੇ ਆਣੇ ਆਪਿ ਜਿਸੁ ਨਾਹੀ ਦੂਜਾ ਮਤੈ ਕੋਇ ॥ ਢਾਹਿ ਉਸਾਰੇ ਸਾਜਿ ਜਾਣੈ ਸਭ ਸੋਇ ॥ ਨਾਉ ਨਾਨਕ ਬਖਸੀਸ ਨਦਰੀ ਕਰਮੁ ਹੋਇ ॥੪॥੩॥੫॥ {ਪੰਨਾ ੭੨੯}

ਪਦ ਅਰਥ :—ਜਿਨ ਕਉ—ਜਿਨ੍ਹਾਂ (ਜੀਵਾਂ) ਨੂੰ । ਭਾਂਡੈ—ਭਾਂਡੇ ਵਿਚ, ਹਿਰਦੇ ਵਿਚ । ਭਾਉ—ਪ੍ਰੇਮ । ਸਵਾਰਸੀ—ਸਵਾਰੇਗਾ, ਸੋਹਣਾ ਬਣਾਏਗਾ । ਸੂਖੀ—ਸੁਖਾਂ ਦੀ । ਪਸਾਉ—ਪ੍ਰਸਾਦੁ, ਬਖ਼ਸ਼ਸ਼ । ਵਿਸਾਰਸੀ—ਵਿਸਾਰ ਦੇਵੇਗਾ, ਭੁਲਾ ਦੇਂਦਾ ਹੈ । ਸਹਸਾ—ਸਹਿਮ, ਸ਼ੱਕ । ਸਰਪਰ—ਜ਼ਰੂਰ ।੧।

ਲੀਖਿਆ—(ਬਖ਼ਸ਼ਸ਼ ਦਾ) ਲੇਖਾ । ਦੀਖਿਆ—ਸਿੱਖਿਆ । ਸਤਿਗੁਰ ਭਾਇ—ਗੁਰੂ ਦੇ ਪ੍ਰੇਮ ਵਿਚ, ਗੁਰੂ ਦੇ ਅਨੁਸਾਰ । ਭੀਖਿਆ—ਭਿੱਖਿਆ ਵਾਸਤੇ ।੨।

ਮਹਲੁ—ਟਿਕਾਣਾ । ਹਜੂਰਿ—ਪ੍ਰਭੂ ਦੀ ਹਜ਼ੂਰੀ ਵਿਚ । ਦਰਿ—ਦਰਵਾਜ਼ੇ ਤੇ । ਦਰਵਾਣੀ—ਦਰਬਾਨਾਂ ਦੀ । ਨਾਹਿ ਮੂਲੇ—ਬਿਲਕੁਲ ਨਹੀਂ । ਤਾ ਕੈ ਬੋਲਿ—ਉਸ (ਗੁਰੂ) ਦੇ ਬਚਨ ਦੀ ਰਾਹੀਂ ।੩।

ਆਣੇ—ਲਿਆਉਂਦਾ ਹੈ, ਵਾਪਸ ਬੁਲਾ ਲੈਂਦਾ ਹੈ । ਦੂਜਾ ਕੋਇ ਮਤੈ ਨਾਹਿ—ਕੋਈ ਦੂਜਾ ਮੱਤਾਂ ਨਹੀਂ ਦੇ ਸਕਦਾ । ਸਾਜਿ ਜਾਣੈ—ਪੈਦਾ ਕਰਨੇ ਜਾਣਦਾ ਹੈ । ਕਰਮੁ—ਬਖ਼ਸ਼ਸ਼ । ਨਦਰੀ—ਮੇਹਰ ਦੀ ਨਜ਼ਰ ਕਰਨ ਵਾਲਾ ਪ੍ਰਭੂ ।੪।

ਅਰਥ :—(ਪ੍ਰਭੂ) ਜਿਨ੍ਹਾਂ (ਜੀਵਾਂ) ਨੂੰ (ਹਿਰਦੇ-ਰੂਪ) ਭਾਂਡੇ ਵਿਚ ਪ੍ਰੇਮ (ਦੀ ਭਿੱਛਿਆ ਦੇਂਦਾ ਹੈ), (ਉਸ ਪ੍ਰੇਮ ਦੀ ਬਰਕਤਿ ਨਾਲ ਪ੍ਰਭੂ) ਉਹਨਾਂ ਦਾ ਜੀਵਨ ਸੋਹਣਾ ਬਣਾ ਦੇਂਦਾ ਹੈ । ਉਹਨਾਂ ਉਤੇ ਸੁਖਾਂ ਦੀ ਬਖ਼ਸ਼ਸ਼ ਕਰਦਾ ਹੈ, ਉਹਨਾਂ ਦੇ ਦੁੱਖ ਭੁਲਾ ਦੇਂਦਾ ਹੈ । ਇਸ ਗੱਲ ਵਿਚ ਰਤਾ ਭੀ ਸ਼ੱਕ ਨਹੀਂ ਕਿ ਅਜੇਹੇ ਜੀਵਾਂ ਨੂੰ ਪ੍ਰਭੂ ਜ਼ਰੂਰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੧।

ਜਿਨ੍ਹਾਂ ਬੰਦਿਆਂ ਨੂੰ (ਧੁਰੋਂ ਲਿਖਿਆ ਬਖ਼ਸ਼ਸ਼ ਦਾ) ਲੇਖ ਮਿਲ ਜਾਂਦਾ ਹੈ, ਉਹਨਾਂ ਨੂੰ ਗੁਰੂ ਆ ਕੇ ਮਿਲ ਪੈਂਦਾ ਹੈ । ਗੁਰੂ ਉਹਨਾਂ ਨੂੰ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਸਿੱਖਿਆ ਵਜੋਂ ਦੇਂਦਾ ਹੈ, ਉਹ ਬੰਦੇ (ਜੀਵਨ-ਸਫ਼ਰ ਵਿਚ) ਗੁਰੂ ਦੇ ਦੱਸੇ ਅਨੁਸਾਰ ਤੁਰਦੇ ਹਨ, ਤੇ (ਹੋਰ ਹੋਰ ਪਾਸੇ) ਭਟਕਦੇ ਨਹੀਂ ਫਿਰਦੇ ।੨।

(ਗੁਰੂ ਦੇ ਦੱਸੇ ਰਾਹ ਤੇ ਤੁਰ ਕੇ) ਜਿਸ ਬੰਦੇ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦਾ ਹੈ ਉਹ ਕਿਸੇ ਹੋਰ ਦੇ ਅੱਗੇ ਤਰਲੇ ਨਹੀਂ ਕਰਦਾ ਫਿਰਦਾ; ਪਰਮਾਤਮਾ ਦੇ ਦਰਵਾਜ਼ੇ ਤੇ (ਪਹੁੰਚੇ ਹੋਏ ਨੂੰ ਜਮ ਆਦਿਕ) ਦਰਬਾਨਾਂ ਵਲੋਂ ਕੋਈ ਰਤਾ ਭਰ ਭੀ ਪੁੱਛ-ਗਿੱਛ ਨਹੀਂ ਹੁੰਦੀ, ਕਿਉਂਕਿ ਜਿਸ ਗੁਰੂ ਉਤੇ ਮਾਲਕ-ਪ੍ਰਭੂ ਦੀ ਮੇਹਰ ਦੀ ਨਜ਼ਰ ਹੈ ਉਸ ਗੁਰੂ ਦੇ ਬਚਨ ਵਿਚ (ਚੱਲ ਕੇ) ਉਹ ਬੰਦਾ (ਵਿਕਾਰਾਂ ਤੋਂ) ਮੁਕਤ ਹੋ ਜਾਂਦਾ ਹੈ ।੩।

ਜਿਸ ਮਾਲਕ ਪ੍ਰਭੂ ਨੂੰ ਕੋਈ ਹੋਰ ਦੂਜਾ ਕੋਈ ਮੱਤਾਂ ਨਹੀਂ ਦੇ ਸਕਦਾ ਹੈ ਉਹ ਆਪ ਹੀ ਜੀਵਾਂ ਨੂੰ ਜਗਤ ਵਿਚ ਭੇਜਦਾ ਹੈ ਆਪ ਹੀ ਵਾਪਸ ਸੱਦ ਲੈਂਦਾ ਹੈ, ਪ੍ਰਭੂ ਆਪ ਹੀ ਜਗਤ-ਰਚਨਾ ਢਾਹੁੰਦਾ ਹੈ ਤੇ ਉਸਾਰਦਾ ਹੈ, ਉਹ ਸਭ ਕੁਝ ਆਪ ਹੀ ਪੈਦਾ ਕਰਨੀ ਜਾਣਦਾ ਹੈ ।

ਹੇ ਨਾਨਕ! ਜਿਸ ਮਨੁੱਖ ਉਤੇ ਮੇਹਰ ਦੀ ਨਜ਼ਰ ਕਰਨ ਵਾਲੇ ਪ੍ਰਭੂ ਦੀ ਨਿਗਾਹ ਹੋ ਜਾਂਦੀ ਹੈ ਉਸ ਨੂੰ ਬਖ਼ਸ਼ਸ਼ ਵਜੋਂ ਉਸ ਦਾ ਨਾਮ ਮਿਲਦਾ ਹੈ ।੪।੩।੫।

ਸੂਹੀ ਮਹਲਾ ੧ ॥ ਭਾਂਡਾ ਹਛਾ ਸੋਇ ਜੋ ਤਿਸੁ ਭਾਵਸੀ ॥ ਭਾਂਡਾ ਅਤਿ ਮਲੀਣੁ ਧੋਤਾ ਹਛਾ ਨ ਹੋਇਸੀ ॥ ਗੁਰੂ ਦੁਆਰੈ ਹੋਇ ਸੋਝੀ ਪਾਇਸੀ ॥ ਏਤੁ ਦੁਆਰੈ ਧੋਇ ਹਛਾ ਹੋਇਸੀ ॥ ਮੈਲੇ ਹਛੇ ਕਾ ਵੀਚਾਰੁ ਆਪਿ ਵਰਤਾਇਸੀ ॥ ਮਤੁ ਕੋ ਜਾਣੈ ਜਾਇ ਅਗੈ ਪਾਇਸੀ ॥ ਜੇਹੇ ਕਰਮ ਕਮਾਇ ਤੇਹਾ ਹੋਇਸੀ ॥ ਅੰਮ੍ਰਿਤੁ ਹਰਿ ਕਾ ਨਾਉ ਆਪਿ ਵਰਤਾਇਸੀ ॥ ਚਲਿਆ ਪਤਿ ਸਿਉ ਜਨਮੁ ਸਵਾਰਿ ਵਾਜਾ ਵਾਇਸੀ ॥ ਮਾਣਸੁ ਕਿਆ ਵੇਚਾਰਾ ਤਿਹੁ ਲੋਕ ਸੁਣਾਇਸੀ ॥ ਨਾਨਕ ਆਪਿ ਨਿਹਾਲ ਸਭਿ ਕੁਲ ਤਾਰਸੀ ॥੧॥੪॥੬॥ {ਪੰਨਾ ੭੩੦}

ਪਦ ਅਰਥ :—ਭਾਂਡਾ—ਹਿਰਦਾ । ਹਛਾ—ਪਵਿਤ੍ਰ । ਤਿਸੁ—ਉਸ (ਪਰਮਾਤਮਾ) ਨੂੰ । ਭਾਵਸੀ—ਚੰਗਾ ਲੱਗੇ । ਧੋਤਾ—ਬਾਹਰੋਂ ਸਾਫ਼ ਕੀਤਿਆਂ, ਤੀਰਥ ਆਦਿਕ ਦੇ ਇਸ਼ਨਾਨ ਨਾਲ । ਦੁਆਰੈ—ਦਰ ਤੇ । ਹੋਇ—ਹੋ ਕੇ, ਮੰਗਤਾ ਬਣ ਕੇ । ਸੋਝੀ—(ਹਿਰਦੇ ਨੂੰ ਪਵਿਤ੍ਰ ਕਰਨ ਦੀ) ਅਕਲ । ਪਾਇਸੀ—ਪ੍ਰਾਪਤ ਕਰਦਾ ਹੈ । ਏਤੁ ਦੁਆਰੈ—ਇਸ ਦਰ ਤੇ, ਗੁਰੂ ਦੇ ਦਰ ਤੇ । ਧੋਇ—ਧੋ ਕੇ, ਸੁੱਧ ਕੀਤਿਆਂ । ਵੀਚਾਰੁ—ਸਮਝ । ਆਪਿ—ਪ੍ਰਭੂ ਆਪ । ਵਰਤਾਇਸੀ—ਦੇਂਦਾ ਹੈ । ਮਤੁ ਕੋ ਜਾਣੈ—ਕੋਈ ਮਨੁੱਖ ਇਹ ਨਾਹ ਸਮਝੇ । ਜਾਇ—(ਇਥੋਂ ਜਗਤ ਤੋਂ) ਜਾ ਕੇ । ਅਗੈ—ਪਰਲੋਕ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਪਤਿ ਸਿਉ—ਇੱਜ਼ਤ ਨਾਲ । ਵਾਇਸੀ—ਵਜਾਏਗਾ । ਤਿਹੁ ਲੋਕ—ਤਿੰਨਾਂ ਹੀ ਲੋਕਾਂ ਵਿਚ । ਨਿਹਾਲ—ਪ੍ਰਸੰਨ-ਚਿੱਤ । ਸਭਿ—ਸਾਰੇ ।੧।

ਅਰਥ :—ਉਹੀ ਹਿਰਦਾ ਪਵਿੱਤ੍ਰ ਹੈ ਜੇਹੜਾ ਉਸ ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ । ਜੇ ਮਨੁੱਖ ਦਾ ਹਿਰਦਾ (ਅੰਦਰੋਂ ਵਿਕਾਰਾਂ ਨਾਲ) ਬਹੁਤ ਗੰਦਾ ਹੋਇਆ ਪਿਆ ਹੈ ਤਾਂ ਬਾਹਰੋਂ ਸਰੀਰ ਨੂੰ ਤੀਰਥ ਆਦਿਕ ਤੇ ਇਸ਼ਨਾਨ ਕਰਾਇਆਂ ਹਿਰਦਾ ਅੰਦਰੋਂ ਸੁੱਧ ਨਹੀਂ ਹੋ ਸਕਦਾ ।

ਜੇ ਗੁਰੂ ਦੇ ਦਰ ਤੇ (ਆਪਾ-ਭਾਵ ਦੂਰ ਕਰ ਕੇ ਸਵਾਲੀ) ਬਣੀਏ, ਤਾਂ ਹੀ (ਹਿਰਦੇ ਨੂੰ ਪਵਿਤ੍ਰ ਕਰਨ ਦੀ) ਅਕਲ ਮਿਲਦੀ ਹੈ । ਗੁਰੂ ਦੇ ਦਰ ਤੇ ਰਹਿ ਕੇ ਹੀ (ਵਿਕਾਰਾਂ ਦੀ ਮੈਲ) ਧੋਤਿਆਂ ਹਿਰਦਾ ਪਵਿਤ੍ਰ ਹੁੰਦਾ ਹੈ । (ਜੇ ਗੁਰੂ ਦੇ ਦਰ ਤੇ ਟਿਕੀਏ ਤਾਂ) ਪਰਮਾਤਮਾ ਆਪ ਹੀ ਇਹ (ਵਿਚਾਰਨ ਦੀ) ਸਮਝ ਬਖ਼ਸ਼ਦਾ ਹੈ ਕਿ ਅਸੀ ਚੰਗੇ ਹਾਂ ਜਾਂ ਮੰਦੇ ।

(ਜੇ ਇਸ ਮਨੁੱਖਾ ਜੀਵਨ ਸਮੇ ਗੁਰੂ ਦਾ ਆਸਰਾ ਨਹੀਂ ਲਿਆ ਤਾਂ) ਕੋਈ ਜੀਵ ਇਹ ਨਾਹ ਸਮਝ ਲਏ ਕਿ (ਇਥੋਂ ਖ਼ਾਲੀ-ਹੱਥ) ਜਾ ਕੇ ਪਰਲੋਕ ਵਿਚ (ਜੀਵਨ ਪਵਿਤ੍ਰ ਕਰਨ ਦੀ ਸੂਝ) ਮਿਲੇਗੀ । (ਇਹ ਇਕ ਕੁਦਰਤੀ ਨਿਯਮ ਹੈ ਕਿ ਇਥੇ) ਮਨੁੱਖ ਜੇਹੋ ਜੇਹੇ ਕਰਮ ਕਰਦਾ ਹੈ ਉਹੋ ਜੇਹਾ ਉਹ ਬਣ ਜਾਂਦਾ ਹੈ ।

(ਜੋ ਮਨੁੱਖ ਗੁਰੂ ਦੇ ਦਰ ਤੇ ਡਿੱਗਦਾ ਹੈ ਉਸ ਨੂੰ) ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ ਆਪ ਬਖ਼ਸ਼ਦਾ ਹੈ । (ਜਿਸ ਮਨੁੱਖ ਨੂੰ ਇਹ ਦਾਤਿ ਮਿਲਦੀ ਹੈ) ਉਹ ਆਪਣਾ ਮਨੁੱਖਾ ਜਨਮ ਸੁਚੱਜਾ ਬਣਾ ਕੇ ਇੱਜ਼ਤ ਖੱਟ ਕੇ ਇਥੋਂ ਜਾਂਦਾ ਹੈ, ਉਹ ਆਪਣੀ ਸੋਭਾ ਦਾ ਵਾਜਾ (ਇਥੇ) ਵਜਾ ਜਾਂਦਾ ਹੈ । ਕੋਈ ਇੱਕ ਮਨੁੱਖ ਕੀਹ? ਤਿੰਨਾਂ ਹੀ ਲੋਕਾਂ ਵਿਚ ਪਰਮਾਤਮਾ ਉਸ ਦੀ ਸੋਭਾ ਖਿਲਾਰਦਾ ਹੈ । ਹੇ ਨਾਨਕ! ਉਹ ਮਨੁੱਖ ਆਪ ਸਦਾ ਪ੍ਰਸੰਨ-ਚਿੱਤ ਰਹਿੰਦਾ ਹੈ, ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਹੀ ਤਾਰ ਲੈਂਦਾ ਹੈ (ਸੋਭਾ ਦਿਵਾਂਦਾ ਹੈ) ।੧।੪।੬।

ਨੋਟ :—ਇਸ ਸ਼ਬਦ ਵਿਚ ਵਖ ਵਖ ਬੰਦ ਨਹੀਂ ਹਨ । ਸਾਰਾ ਸ਼ਬਦ ਸਮੁੱਚੇ ਤੌਰ ਤੇ ਇੱਕ ਬੰਦ ਗਿਣਿਆ ਗਿਆ ਹੈ । 'ਘਰੁ ੬' ਦਾ ਇਹ ਚੌਥਾ ਸ਼ਬਦ ਹੈ ।

ਸੂਹੀ ਮਹਲਾ ੧ ॥ ਜੋਗੀ ਹੋਵੈ ਜੋਗਵੈ ਭੋਗੀ ਹੋਵੈ ਖਾਇ ॥ ਤਪੀਆ ਹੋਵੈ ਤਪੁ ਕਰੇ ਤੀਰਥਿ ਮਲਿ ਮਲਿ ਨਾਇ ॥੧॥ ਤੇਰਾ ਸਦੜਾ ਸੁਣੀਜੈ ਭਾਈ ਜੇ ਕੋ ਬਹੈ ਅਲਾਇ ॥੧॥ ਰਹਾਉ ॥ ਜੈਸਾ ਬੀਜੈ ਸੋ ਲੁਣੇ ਜੋ ਖਟੇ ਸੁੋ ਖਾਇ ॥ ਅਗੈ ਪੁਛ ਨ ਹੋਵਈ ਜੇ ਸਣੁ ਨੀਸਾਣੈ ਜਾਇ ॥੨॥ ਤੈਸੋ ਜੈਸਾ ਕਾਢੀਐ ਜੈਸੀ ਕਾਰ ਕਮਾਇ ॥ ਜੋ ਦਮੁ ਚਿਤਿ ਨ ਆਵਈ ਸੋ ਦਮੁ ਬਿਰਥਾ ਜਾਇ ॥੩॥ ਇਹੁ ਤਨੁ ਵੇਚੀ ਬੈ ਕਰੀ ਜੇ ਕੋ ਲਏ ਵਿਕਾਇ ॥ ਨਾਨਕ ਕੰਮਿ ਨ ਆਵਈ ਜਿਤੁ ਤਨਿ ਨਾਹੀ ਸਚਾ ਨਾਉ ॥੪॥੫॥੭॥ {ਪੰਨਾ ੭੩੦}

ਪਦ ਅਰਥ :—ਜੋਗਵੈ—ਜੋਗ ਕਮਾਂਦਾ ਹੈ । ਭੋਗੀ—ਮਾਇਕ ਪਦਾਰਥਾਂ ਨੂੰ ਭੋਗਣ ਵਾਲਾ, ਗ੍ਰਿਹਸਤੀ । ਖਾਇ—ਖਾਂਦਾ ਹੈ, ਭੋਗਾਂ ਵਿਚ ਮਸਤ ਹੈ । ਤੀਰਥਿ—ਤੀਰਥ ਉਤੇ । ਮਲਿ—ਮਲ ਕੇ । ਨਾਇ—ਇਸ਼ਨਾਨ ਕਰਦਾ ਹੈ ।੧।

ਸਦੜਾ—ਸੋਹਣਾ ਸੱਦ, ਸੋਹਣਾ ਸ਼ਬਦ । ਸੁਣੀਜੈ—ਸੁਣਨਾ ਚਾਹੁੰਦਾ ਹਾਂ । ਭਾਈ—ਹੇ ਪਿਆਰੇ! ਕੋ—ਕੋਈ ਮਨੁੱਖ । ਬਹੈ—(ਮੇਰੇ ਕੋਲ) ਬੈਠ ਜਾਏ । ਅਲਾਇ—ਅਲਾਪ ਕਰੇ, ਸੁਣਾਏ ।੧।ਰਹਾਉ।

ਲੁਣੇ—ਵੱਢਦਾ ਹੈ । ਜੋ—ਜੋ ਕੁਝ । ਸੁੋ—ਉਹੀ ਖੱਟੀ {ਨੋਟ :—ਲਫ਼ਜ਼ 'ਸੁੋ' ਦੇ ਨਾਲ ਦੋ ਲਗਾਂ ਹਨ—ੋ ਅਤੇ ੁ । ਅਸਲ ਪਾਠ 'ਸੋ' ਹੈ, ਇਥੇ 'ਸੁ' ਪੜ੍ਹਨਾ ਹੈ} । ਖਾਇ—ਖਾਂਦਾ ਹੈ, ਫਲ ਭੋਗਦਾ ਹੈ । ਨ ਹੋਵਈ—ਨ ਹੋਵਏ, ਨ ਹੋਵੈ, ਨਹੀਂ ਹੁੰਦੀ । ਸਣੁ—ਸਮੇਤ । ਨੀਸਾਣੁ—ਪਰਵਾਨਾ, ਰਾਹਦਾਰੀ, ਨਾਮ । ਸਣੁ ਨੀਸਾਣੈ—ਸਿਫ਼ਤਿ-ਸਾਲਾਹ ਦੇ ਪਰਵਾਨੇ ਸਮੇਤ ।੨।

ਕਾਢੀਐ—ਕਿਹਾ ਜਾਂਦਾ ਹੈ । ਚਿਤਿ—ਚਿੱਤ ਵਿਚ । ਨ ਆਵਈ—ਨ ਆਵਏ, ਨ ਆਵੈ, ਨਹੀਂ ਆਉਂਦਾ । ਬਿਰਥਾ—ਵਿਅਰਥ ।੩।

ਵੇਚੀ—ਮੈਂ ਵੇਚਦਾ ਹਾਂ, ਵੇਚਣ ਨੂੰ ਤਿਆਰ ਹਾਂ । ਬੈ ਕਰੀ—ਕੀਮਤ ਲੈ ਕੇ ਦੇਣ ਨੂੰ ਤਿਆਰ ਹਾਂ । ਵਿਕਾਇ—ਕੀਮਤ ਦੇ ਕੇ । ਜਿਤੁ—ਜਿਸ ਵਿਚ । ਜਿਤੁ ਤਨਿ—ਜਿਸ ਸਰੀਰ ਵਿਚ ।੪।

ਅਰਥ :—ਜੇਹੜਾ ਮਨੁੱਖ ਜੋਗੀ ਬਣ ਜਾਂਦਾ ਹੈ ਉਹ ਜੋਗ ਹੀ ਕਮਾਂਦਾ ਹੈ (ਜੋਗ ਕਮਾਣ ਨੂੰ ਹੀ ਸਹੀ ਰਸਤਾ ਸਮਝਦਾ ਹੈ), ਜੋ ਮਨੁੱਖ ਗ੍ਰਿਹਸਤੀ ਬਣਦਾ ਹੈ ਉਹ ਭੋਗਾਂ ਵਿਚ ਹੀ ਮਸਤ ਹੈ । ਜੇਹੜਾ ਮਨੁੱਖ ਤਪੀ ਬਣਦਾ ਹੈ ਉਹ (ਸਦਾ) ਤਪ (ਹੀ) ਕਰਦਾ ਹੈ, ਤੇ ਤੀਰਥ ਉਤੇ (ਜਾ ਕੇ) ਮਲ ਮਲ ਕੇ (ਭਾਵ, ਬੜੇ ਸਿਦਕ-ਸਰਧਾ ਨਾਲ) ਇਸ਼ਨਾਨ ਕਰਦਾ ਹੈ ।੧।

(ਪਰ) ਹੇ ਪਿਆਰੇ (ਪ੍ਰਭੂ)! ਮੈਂ ਤਾਂ ਤੇਰੀ ਸਿਫ਼ਤਿ-ਸਾਲਾਹ ਦਾ ਸ਼ਬਦ ਹੀ ਸੁਣਨਾ ਚਾਹੁੰਦਾ ਹਾਂ, ਜੇ ਕੋਈ (ਮੇਰੇ ਕੋਲ) ਬੈਠ ਜਾਏ ਤੇ ਮੈਨੂੰ ਸੁਣਾਵੇ ।੧।ਰਹਾਉ।

(ਮਨੁੱਖ) ਜੇਹੋ ਜੇਹਾ ਬੀਜ ਬੀਜਦਾ ਹੈ ਉਹੋ (ਜੇਹਾ ਫਲ) ਵੱਢਦਾ ਹੈ, ਜੋ ਕੁਝ ਖੱਟੀ-ਕਮਾਈ ਕਰਦਾ ਹੈ, ਉਹੀ ਵਰਤਦਾ ਹੈ (ਜੋਗ ਭੋਗ ਤੇ ਤਪ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਕਮਾਈ ਨਹੀਂ ਹੈ ਪਰ ਪ੍ਰਭੂ ਦੀ ਹਜ਼ੂਰੀ ਵਿਚ ਸਿਫ਼ਤਿ-ਸਾਲਾਹ ਹੀ ਪਰਵਾਨ ਹੈ) । ਜੇ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਪਰਵਾਨਾ ਲੈ ਕੇ (ਇਥੋਂ) ਜਾਏ ਤਾਂ ਅਗਾਂਹ (ਪ੍ਰਭੂ ਦੇ ਦਰ ਤੇ) ਉਸ ਨੂੰ ਰੋਕ-ਟੋਕ ਨਹੀਂ ਹੁੰਦੀ ।੨।

ਮਨੁੱਖ ਜਿਹੋ ਜੇਹੀ ਕਾਰ ਕਮਾਂਦਾ ਹੈ ਉਹੋ ਜੇਹਾ ਉਸ ਦਾ ਨਾਮ ਪੈ ਜਾਂਦਾ ਹੈ (ਆਤਮਕ ਜੀਵਨ ਦੇ ਪੰਧ ਵਿਚ ਭੀ ਇਹੀ ਨਿਯਮ ਹੈ । ਭਗਤ ਉਹੀ ਜੋ ਭਗਤੀ ਕਰਦਾ ਹੈ । ਜੋਗ ਭੋਗ ਜਾਂ ਤਪ ਵਿਚੋਂ ਭਗਤੀ-ਭਾਵ ਪੈਦਾ ਨਹੀਂ ਹੋ ਸਕਦਾ) । (ਮਨੁੱਖ ਦਾ) ਜੇਹੜਾ ਸੁਆਸ (ਕਿਸੇ ਐਸੇ ਉੱਦਮ ਵਿਚ ਲੰਘਦਾ ਹੈ ਕਿ ਪਰਮਾਤਮਾ) ਉਸ ਦੇ ਮਨ ਵਿਚ ਨਹੀਂ ਵੱਸਦਾ ਤਾਂ ਉਹ ਸੁਆਸ ਵਿਅਰਥ ਹੀ ਜਾਂਦਾ ਹੈ ।੩।

ਹੇ ਨਾਨਕ! ਜਿਸ (ਮਨੁੱਖਾ) ਸਰੀਰ ਵਿਚ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਨਹੀਂ ਵੱਸਦਾ ਉਹ ਸਰੀਰ ਕਿਸੇ ਕੰਮ ਨਹੀਂ ਆਉਂਦਾ (ਉਹ ਸਰੀਰ ਵਿਅਰਥ ਹੀ ਗਿਆ ਸਮਝੋ । ਇਸ ਵਾਸਤੇ) ਜੇ ਕੋਈ ਮਨੁੱਖ ਮੈਨੂੰ ਪ੍ਰਭੂ ਦਾ ਨਾਮ ਵੱਟੇ ਵਿਚ ਦੇ ਕੇ ਮੇਰਾ ਸਰੀਰ ਲੈਣਾ ਚਾਹੇ ਤਾਂ ਮੈਂ ਇਹ ਸਰੀਰ ਵੇਚਣ ਨੂੰ ਤਿਆਰ ਹਾਂ ਮੁੱਲ ਦੇਣ ਨੂੰ ਤਿਆਰ ਹਾਂ ।੪।੫।੭।

ਨੋਟ :—'ਘਰੁ ੬' ਦੇ ਇਥੇ ੫ ਸ਼ਬਦ ਮੁੱਕ ਗਏ ਹਨ ।

ਸੂਹੀ ਮਹਲਾ ੧ ਘਰੁ ੭
ੴ ਸਤਿਗੁਰ ਪ੍ਰਸਾਦਿ ॥ ਜੋਗੁ ਨ ਖਿੰਥਾ ਜੋਗੁ ਨ ਡੰਡੈ ਜੋਗੁ ਨ ਭਸਮ ਚੜਾਈਐ ॥ ਜੋਗੁ ਨ ਮੁੰਦੀ ਮੂੰਡਿ ਮੁਡਾਇਐ ਜੋਗੁ ਨ ਸਿੰਙੀ ਵਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ ॥੧॥ ਗਲੀ ਜੋਗੁ ਨ ਹੋਈ ॥ ਏਕ ਦ੍ਰਿਸਟਿ ਕਰਿ ਸਮਸਰਿ ਜਾਣੈ ਜੋਗੀ ਕਹੀਐ ਸੋਈ ॥੧॥ ਰਹਾਉ ॥ ਜੋਗੁ ਨ ਬਾਹਰਿ ਮੜੀ ਮਸਾਣੀ ਜੋਗੁ ਨ ਤਾੜੀ ਲਾਈਐ ॥ ਜੋਗੁ ਨ ਦੇਸਿ ਦਿਸੰਤਰਿ ਭਵਿਐ ਜੋਗੁ ਨ ਤੀਰਥਿ ਨਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ ॥੨॥ ਸਤਿਗੁਰੁ ਭੇਟੈ ਤਾ ਸਹਸਾ ਤੂਟੈ ਧਾਵਤੁ ਵਰਜਿ ਰਹਾਈਐ ॥ ਨਿਝਰੁ ਝਰੈ ਸਹਜ ਧੁਨਿ ਲਾਗੈ ਘਰ ਹੀ ਪਰਚਾ ਪਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ ॥੩॥ ਨਾਨਕ ਜੀਵਤਿਆ ਮਰਿ ਰਹੀਐ ਐਸਾ ਜੋਗੁ ਕਮਾਈਐ ॥ ਵਾਜੇ ਬਾਝਹੁ ਸਿੰਙੀ ਵਾਜੈ ਤਉ ਨਿਰਭਉ ਪਦੁ ਪਾਈਐ ॥ ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਤਉ ਪਾਈਐ ॥੪॥੧॥੮॥ {ਪੰਨਾ ੭੩੦}

ਪਦ ਅਰਥ :—ਜੋਗੁ—ਜੋਗ ਸਾਧਨਾਂ ਦਾ ਅੱਭਿਆਸ, ਪਰਮਾਤਮਾ ਨਾਲ ਮਿਲਾਪ । ਖਿੰਥਾ—ਗੋਦੜੀ । ਡੰਡੈ—ਡੰਡੇ ਦੀ ਰਾਹੀਂ, ਡੰਡਾ ਹੱਥ ਵਿਚ ਫੜਿਆਂ । ਭਸਮ—ਸੁਆਹ । ਚੜਾਈਐ—ਸਰੀਰ ਉਤੇ ਮਲ ਲਈਏ । ਮੁੰਦੀ—ਮੁੰਦੀਂ, ਮੁੰਦ੍ਰਾਂ ਦੀ ਰਾਹੀਂ, ਕੰਨਾਂ ਵਿਚ ਮੁੰਦ੍ਰਾਂ ਪਾ ਲਿਆਂ । ਮੂੰਡੁ—ਸਿਰ । ਮੂੰਡਿ—ਸਿਰ ਦੀ ਰਾਹੀਂ । ਮੂੰਡਿ ਮੁਡਾਇਐ—ਜੇ ਸਿਰ ਮੁਨਾ ਲਈਏ । ਸਿੰਙੀ—ਸਿੰਙ ਦਾ ਵਾਜਾ, ਜੋਗੀਆਂ ਦੀ ਤੁਰੀ ਜੋ ਸਿੰਙ ਦੀ ਹੁੰਦੀ ਹੈ । ਵਾਈਐ—ਜੇ ਵਜਾਈਏ । ਅੰਜਨ—ਕਾਲਖ, ਸੁਰਮਾ, ਮਾਇਆ ਦੇ ਮੋਹ ਦੀ ਕਾਲਖ । ਨਿਰੰਜਨਿ—ਨਿਰੰਜਨ ਵਿਚ, ਉਸ ਪਰਮਾਤਮਾ ਵਿਚ ਜੋ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ । ਜੁਗਤਿ—ਤਰੀਕਾ, ਜਾਚ । ਇਵ—ਇਸ ਤਰ੍ਹਾਂ ।੧।

ਗਲੀ—ਗੱਲੀਂ, ਗੱਲਾਂ ਕਰਨ ਨਾਲ ਹੀ । ਦ੍ਰਿਸਟਿ—ਨਿਗਾਹ, ਨਜ਼ਰ । ਕਰਿ—ਕਰ ਕੇ । ਸਮਸਰਿ—ਬਰਾਬਰ, ਇਕੋ ਜੇਹਾ ।੧।ਰਹਾਉ।

ਮੜੀ—ਮੜ੍ਹੀਆਂ ਵਿਚ । ਮਸਾਣੀ—ਮਸਾਣਾਂ ਵਿਚ । ਤਾੜੀ—ਸਮਾਧੀ । ਦੇਸਿ—ਦੇਸ ਵਿਚ । ਦਿਸੰਤਰਿ—ਦੇਸ ਅੰਤਰਿ, ਹੋਰ ਹੋਰ ਦੇਸਾਂ ਵਿਚ । ਦੇਸਿ ਦਿਸੰਤਰਿ ਭਵਿਐ—ਦੇਸ ਪਰਦੇਸ ਵਿਚ ਭੌਣ ਨਾਲ । ਤੀਰਥਿ—ਤੀਰਥ ਉਤੇ ।੨।

ਭੇਟੈ—ਮਿਲੇ । ਸਹਸਾ—ਸਹਿਮ, ਡਰ । ਧਾਵਤੁ—ਭਟਕਦਾ ਹੋਇਆ (ਮਨ) । ਵਰਜਿ—ਵਰਜ ਕੇ, ਰੋਕ ਕੇ । ਰਹਾਈਐ—ਰੱਖ ਲਈਦਾ ਹੈ । ਨਿਝਰੁ—{ਨਿਭ਼ਰ} ਚਸ਼ਮਾ, ਝਾਲ, ਪਹਾੜੀ ਨਦੀ । ਝਰੈ—ਚੱਲ ਪੈਂਦਾ ਹੈ, ਵਹਿਣ ਲੱਗ ਪੈਂਦਾ ਹੈ । ਸਹਜ—ਅਡੋਲ ਅਵਸਥਾ । ਧੁਨਿ—ਤਾਰ, ਰੌ । ਘਰਿ ਹੀ—ਘਰ ਹੀ, ਹਿਰਦੇ-ਘਰ ਵਿਚ ਹੀ । ਪਰਚਾ—{ਪਰਿਚਯ} ਸਾਂਝ, ਜਾਣ-ਪਛਾਣ, ਮਿਤ੍ਰਤਾ ।੩।

ਮਰਿ—ਮਰ ਕੇ, ਵਿਕਾਰ ਵਲੋਂ ਮਰ ਕੇ । ਜੋਗੁ—ਜੋਗ ਦਾ ਅਭਿਆਸ । ਵਾਜੈ—ਵੱਜਦੀ ਹੈ । ਤਉ—ਤਦੋਂ । ਪਦੁ—ਆਤਮਕ ਦਰਜਾ । ਨਿਰਭਉ—ਜਿਥੇ ਡਰ ਨਹੀਂ ।੪।

ਅਰਥ :—ਗੋਦੜੀ ਪਹਿਨ ਲੈਣਾ ਪਰਮਾਤਮਾ ਨਾਲ ਮਿਲਾਪ ਦਾ ਸਾਧਨ ਨਹੀਂ ਹੈ, ਡੰਡਾ ਹੱਥ ਵਿਚ ਫੜ ਲਿਆਂ ਹਰੀ-ਮੇਲ ਨਹੀਂ ਹੋ ਜਾਂਦਾ, ਜੇ ਸਰੀਰ ਉਤੇ ਸੁਆਹ ਮਲ ਲਈਏ ਤਾਂ ਭੀ ਪ੍ਰਭੂ ਦਾ ਮਿਲਾਪ ਨਹੀਂ ਹੁੰਦਾ । (ਕੰਨਾਂ ਵਿਚ) ਮੁੰਦ੍ਰਾਂ ਪਾਇਆਂ ਰੱਬ ਦਾ ਮੇਲ ਨਹੀਂ, ਜੇ ਸਿਰ ਮੁਨਾ ਲਈਏ ਤਾਂ ਭੀ ਪ੍ਰਭੂ-ਮਿਲਾਪ ਨਹੀਂ ਹੋ ਸਕਦਾ, ਸਿੰਙੀ ਵਜਾਇਆਂ ਭੀ ਜੋਗ ਸਿੱਧ ਨਹੀਂ ਹੋ ਜਾਂਦਾ ।

ਪਰਮਾਤਮਾ ਨਾਲ ਮਿਲਾਪ ਦਾ ਢੰਗ ਸਿਰਫ਼ ਇਸ ਤਰ੍ਹਾਂ ਹੀ ਹਾਸਲ ਹੁੰਦਾ ਹੈ ਕਿ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹੀਏ ।੧।

ਨਿਰੀਆਂ ਗੱਲਾਂ ਕਰਨ ਨਾਲ ਪ੍ਰਭੂ-ਮਿਲਾਪ ਨਹੀਂ ਹੁੰਦਾ । ਉਹੀ ਮਨੁੱਖ ਜੋਗੀ ਅਖਵਾ ਸਕਦਾ ਹੈ ਜੋ ਇਕੋ ਜੇਹੀ ਨਿਗਾਹ ਨਾਲ ਸਭ (ਜੀਵਾਂ) ਨੂੰ ਬਰਾਬਰ (ਦੇ ਇਨਸਾਨ) ਸਮਝੇ ।੧।ਰਹਾਉ।

(ਘਰੋਂ) ਬਾਹਰ ਮੜ੍ਹੀਆਂ ਵਿਚ ਮਸਾਣਾਂ ਵਿਚ ਰਿਹਾਂ ਪ੍ਰਭੂ-ਮੇਲ ਨਹੀਂ ਹੁੰਦਾ, ਸਮਾਧੀਆਂ ਲਾਇਆਂ ਭੀ ਰੱਬ ਨਹੀਂ ਮਿਲਦਾ । ਜੇ ਦੇਸ ਪਰਦੇਸ ਵਿਚ ਭੌਂਦੇ ਫਿਰੀਏ ਤਾਂ ਭੀ ਪ੍ਰਭੂ-ਮਿਲਾਪ ਨਹੀਂ ਹੁੰਦਾ । ਤੀਰਥ ਉਤੇ ਇਸ਼ਨਾਨ ਕੀਤਿਆਂ ਭੀ ਪ੍ਰਭੂ-ਪ੍ਰਾਪਤੀ ਨਹੀਂ ।

ਪਰਮਾਤਮਾ ਨਾਲ ਮਿਲਾਪ ਦਾ ਢੰਗ ਸਿਰਫ਼ ਇਸ ਤਰ੍ਹਾਂ ਹੀ ਆਉਂਦਾ ਹੈ ਕਿ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹੀਏ ।੨।

ਜਦੋਂ ਗੁਰੂ ਮਿਲ ਪਏ ਤਾਂ ਮਨ ਦਾ ਸਹਿਮ ਮੁੱਕ ਜਾਂਦਾ ਹੈ, ਵਿਕਾਰਾਂ ਵਲ ਦੌੜਦੇ ਮਨ ਨੂੰ ਰੋਕ ਕੇ ਰੱਖ ਸਕੀਦਾ ਹੈ, (ਮਨ ਵਿਚ ਪ੍ਰਭੂ ਦੇ ਅੰਮ੍ਰਿਤ ਨਾਮ ਦਾ ਇਕ) ਚਸ਼ਮਾ ਚੱਲ ਪੈਂਦਾ ਹੈ, ਅਡੋਲ ਅਵਸਥਾ ਦੀ ਰੌ ਬਣ ਜਾਂਦੀ ਹੈ; ਹਿਰਦੇ ਦੇ ਅੰਦਰ ਹੀ ਪਰਮਾਤਮਾ ਨਾਲ ਸਾਂਝ ਬਣ ਜਾਂਦੀ ਹੈ ।

ਪਰਮਾਤਮਾ ਨਾਲ ਮਿਲਾਪ ਦੀ ਜਾਚ ਸਿਰਫ਼ ਇਸੇ ਤਰ੍ਹਾਂ ਆਉਂਦੀ ਹੈ ਕਿ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹੀਏ ।੩।

ਹੇ ਨਾਨਕ! ਪਰਮਾਤਮਾ ਦੇ ਮਿਲਾਪ ਦਾ ਅੱਭਿਆਸ ਇਉਂ ਕਰਨਾ ਚਾਹੀਦਾ ਹੈ ਕਿ ਦੁਨੀਆ ਦੇ ਕਾਰ-ਵਿਹਾਰ ਕਰਦਿਆਂ ਹੀ ਵਿਕਾਰਾਂ ਵਲੋਂ ਪਰੇ ਹਟੇ ਰਹਿਣਾ ਚਾਹੀਦਾ ਹੈ । (ਜੋਗੀ ਤਾਂ ਸਿੰਙ ਦਾ ਵਾਜਾ ਵਜਾਂਦਾ ਹੈ, ਪਰ ਸਿਮਰਨ-ਅੱਭਿਆਸ ਕਰਨ ਵਾਲੇ ਦੇ ਅੰਦਰ ਇਕ ਅਜੇਹਾ ਸੁਰੀਲਾ ਆਨੰਦ ਬਣਦਾ ਹੈ ਕਿ, ਮਾਨੋ) ਬਿਨਾ ਵਾਜਾ ਵਜਾਇਆਂ ਸਿੰਙ ਦਾ ਵਾਜਾ ਵੱਜ ਰਿਹਾ ਹੈ । (ਜਦੋਂ ਮਨੁੱਖ ਇਸ ਆਤਮਕ ਆਨੰਦ ਨੂੰ ਮਾਣਨ ਲੱਗ ਪੈਂਦਾ ਹੈ) ਤਦੋਂ ਉਹ ਐਸੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ ਜਿਸ ਵਿਚ ਕਿਸੇ ਤਰ੍ਹਾਂ ਦਾ ਕੋਈ ਡਰ ਨਹੀਂ ਰਹਿ ਜਾਂਦਾ ।

ਜਦੋਂ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹਿ ਸਕੀਏ, ਤਦੋਂ ਪ੍ਰਭੂ-ਮਿਲਾਪ ਦੀ ਜਾਚ ਆ ਜਾਂਦੀ ਹੈ ।੪।੧।੮।

ਨੋਟ :—ਅੰਕ ੧ ਦੱਸਦਾ ਹੈ ਕਿ 'ਘਰੁ ੨' ਦਾ ਇਹ ਪਹਿਲਾ ਸ਼ਬਦ ਹੈ ।

ਸੂਹੀ ਮਹਲਾ ੧ ॥ ਕਉਣ ਤਰਾਜੀ ਕਵਣੁ ਤੁਲਾ ਤੇਰਾ ਕਵਣੁ ਸਰਾਫੁ ਬੁਲਾਵਾ ॥ ਕਉਣੁ ਗੁਰੂ ਕੈ ਪਹਿ ਦੀਖਿਆ ਲੇਵਾ ਕੈ ਪਹਿ ਮੁਲੁ ਕਰਾਵਾ ॥੧॥ ਮੇਰੇ ਲਾਲ ਜੀਉ ਤੇਰਾ ਅੰਤੁ ਨ ਜਾਣਾ ॥ ਤੂੰ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਤੂੰ ਆਪੇ ਸਰਬ ਸਮਾਣਾ ॥੧॥ ਰਹਾਉ ॥ ਮਨੁ ਤਾਰਾਜੀ ਚਿਤੁ ਤੁਲਾ ਤੇਰੀ ਸੇਵ ਸਰਾਫੁ ਕਮਾਵਾ ॥ ਘਟ ਹੀ ਭੀਤਰਿ ਸੋ ਸਹੁ ਤੋਲੀ ਇਨ੍ ਬਿਧਿ ਚਿਤੁ ਰਹਾਵਾ ॥੨॥ ਆਪੇ ਕੰਡਾ ਤੋਲੁ ਤਰਾਜੀ ਆਪੇ ਤੋਲਣਹਾਰਾ ॥ ਆਪੇ ਦੇਖੈ ਆਪੇ ਬੂਝੈ ਆਪੇ ਹੈ ਵਣਜਾਰਾ ॥੩॥ ਅੰਧੁਲਾ ਨੀਚ ਜਾਤਿ ਪਰਦੇਸੀ ਖਿਨੁ ਆਵੈ ਤਿਲੁ ਜਾਵੈ ॥ ਤਾ ਕੀ ਸੰਗਤਿ ਨਾਨਕੁ ਰਹਦਾ ਕਿਉ ਕਰਿ ਮੂੜਾ ਪਾਵੈ ॥੪॥੨॥੯॥ {ਪੰਨਾ ੭੩੦-੭੩੧}

ਪਦ ਅਰਥ :—ਕਉਣ—ਕੇਹੜੀ? ਤਰਾਜੀ—ਤੱਕੜੀ । ਕਵਣੁ—ਕੇਹੜਾ? ਤੁਲਾ—ਵੱਟਾ । ਸਰਾਫੁ—ਮੁੱਲ ਪਾਣ ਵਾਲਾ, ਪਰਖ ਕਰਨ ਵਾਲਾ । ਬੁਲਾਵਾ—ਬੁਲਾਵਾਂ, ਮੈਂ ਸੱਦਾਂ । ਕੈ ਪਹਿ—ਕਿਸ ਪਾਸੋਂ? ਦੀਖਿਆ—ਸਿੱਖਿਆ । ਲੇਵਾ—ਮੈਂ ਲਵਾਂ । ਮੁਲੁ ਕਰਾਵਾ—ਮੈਂ ਕੀਮਤ ਪਵਾਵਾਂ ।੧।

ਲਾਲ—ਹੇ ਲਾਲ! ਨ ਜਾਣਾ—ਮੈਂ ਨਹੀਂ ਜਾਣਦਾ । ਜਲਿ—ਜਲ ਵਿਚ । ਥਲਿ—ਧਰਤੀ ਦੇ ਅੰਦਰ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ । ਭਰਿਪੁਰਿ—ਭਰਪੂਰ । ਲੀਣਾ—ਵਿਆਪਕ । ਆਪੇ—ਆਪ ਹੀ ।੧।ਰਹਾਉ।

ਤਾਰਾਜੀ—ਤੱਕੜੀ । ਤੇਰੀ ਸੇਵ ਕਮਾਵਾ—ਮੈਂ ਤੇਰੀ ਸੇਵਾ ਕਰਾਂ, ਮੈਂ ਤੇਰਾ ਸਿਮਰਨ ਕਰਾਂ । ਘਟ—ਹਿਰਦਾ । ਭੀਤਰਿ—ਅੰਦਰ । ਸਹੁ—ਖਸਮ-ਪ੍ਰਭੂ । ਤੋਲੀ—ਮੈਂ ਤੋਲਾਂ, ਪਰਖ ਕਰਾਂ । ਇਨ੍ ਬਿਧਿ—ਇਹਨਾਂ ਤਰੀਕਿਆਂ ਨਾਲ । ਰਹਾਵਾ—ਮੈਂ ਟਿਕਾਵਾਂ ।੨।

ਕੰਡਾ—ਤੱਕੜੀ ਦੀ ਡੰਡੀ ਦੇ ਅੱਧ ਵਿਚ ਦੀ ਸੂਈ, ਤੱਕੜੀ ਦੀ ਬੋਦੀ । ਦੇਖੈ—ਸੰਭਾਲ ਕਰਦਾ ਹੈ । ਬੂਝੈ—ਸਮਝਦਾ ਹੈ । ਵਣਜਾਰਾ—ਵਣਜ ਕਰਨ ਵਾਲਾ ਜੀਵ-ਵਪਾਰੀ ।੩।

ਅੰਧੁਲਾ—ਅੰਨ੍ਹਾ । ਨੀਚ ਜਾਤਿ—ਨੀਵੀਂ ਜਾਤਿ ਵਾਲਾ । ਪਰਦੇਸੀ—ਭਟਕਦਾ ਰਹਿਣ ਵਾਲਾ । ਖਿਨੁ—ਅੱਖ ਦੇ ਝਮਕਣ ਜਿਤਨੇ ਸਮੇ ਵਿਚ । ਤਿਲੁ—ਰਤਾ ਭਰ ਸਮੇ ਵਿਚ । ਤਾ ਕੀ—ਅਜੇਹੇ (ਮਨ) ਦੀ । ਕਿਉ ਕਰਿ—ਕਿਸ ਤਰ੍ਹਾਂ? ਮੂੜਾ—ਮੂਰਖ । ਪਾਵੈ—(ਕਦਰ) ਪਾ ਸਕਦਾ ਹੈ ।੪।

ਅਰਥ :—ਹੇ ਮੇਰੇ ਸੋਹਣੇ ਪ੍ਰਭੂ ਜੀ! ਮੈਂ ਤੇਰੇ ਗੁਣਾਂ ਦਾ ਅੰਤ ਨਹੀਂ ਜਾਣ ਸਕਦਾ (ਮੈਨੂੰ ਇਹ ਸਮਝ ਨਹੀਂ ਆ ਸਕਦੀ ਕਿ ਤੇਰੇ ਵਿਚ ਕਿਤਨੀਆਂ ਕੁ ਸਿਫ਼ਤਾਂ ਹਨ) । ਤੂੰ ਪਾਣੀ ਵਿਚ ਭਰਪੂਰ ਹੈਂ, ਤੂੰ ਧਰਤੀ ਦੇ ਅੰਦਰ ਵਿਆਪਕ ਹੈਂ, ਤੂੰ ਆਕਾਸ਼ ਵਿਚ ਹਰ ਥਾਂ ਮੌਜੂਦ ਹੈਂ, ਤੂੰ ਆਪ ਹੀ ਸਭ ਜੀਵਾਂ ਵਿਚ ਸਭ ਥਾਵਾਂ ਵਿਚ ਸਮਾਇਆ ਹੋਇਆ ਹੈਂ ।੧।ਰਹਾਉ।

ਹੇ ਪ੍ਰਭੂ! ਕੋਈ ਐਸੀ ਤੱਕੜੀ ਨਹੀਂ ਕੋਈ ਐਸਾ ਵੱਟਾ ਨਹੀਂ (ਜੋ ਤੇਰੇ ਗੁਣਾਂ ਦਾ ਅੰਦਾਜ਼ਾ ਲਾ ਸਕਣ), ਕੋਈ ਐਸਾ ਸਰਾਫ਼ ਨਹੀਂ ਜਿਸ ਨੂੰ ਮੈਂ (ਤੇਰੇ ਗੁਣਾਂ ਦਾ ਅੰਦਾਜ਼ਾ ਲਾਣ ਵਾਸਤੇ) ਸੱਦ ਸਕਾਂ । ਮੈਨੂੰ ਕੋਈ ਐਸਾ ਉਸਤਾਦ ਨਹੀਂ ਦਿੱਸਦਾ ਜਿਸ ਪਾਸੋਂ ਮੈਂ ਤੇਰਾ ਮੁੱਲ ਪਵਾ ਸਕਾਂ ਜਾਂ ਮੁੱਲ ਪਾਣ ਦੀ ਜਾਚ ਸਿੱਖ ਸਕਾਂ ।੧।

ਹੇ ਪ੍ਰਭੂ! ਜੇ ਮੇਰਾ ਮਨ ਤੱਕੜੀ ਬਣ ਜਾਏ, ਜੇ ਮੇਰਾ ਚਿੱਤ ਤੋਲਣ ਵਾਲਾ ਵੱਟਾ ਬਣ ਜਾਏ, ਜੇ ਮੈਂ ਤੇਰੀ ਸੇਵਾ ਕਰ ਸਕਾਂ, ਤੇਰਾ ਸਿਮਰਨ ਕਰ ਸਕਾਂ (ਜੇ ਇਹ ਸੇਵਾ-ਸਿਮਰਨ ਮੇਰੇ ਵਾਸਤੇ) ਸਰਾਫ਼ ਬਣ ਜਾਏ (ਤੇਰੇ ਗੁਣਾਂ ਦਾ ਮੈਂ ਅੰਤ ਤਾਂ ਨਹੀਂ ਪਾ ਸਕਾਂਗਾ, ਪਰ) ਇਹਨਾਂ ਤਰੀਕਿਆਂ ਨਾਲ ਮੈਂ ਆਪਣੇ ਚਿੱਤ ਨੂੰ ਤੇਰੇ ਚਰਨਾਂ ਵਿਚ ਟਿਕਾ ਕੇ ਰੱਖ ਸਕਾਂਗਾ । (ਹੇ ਭਾਈ!) ਮੈਂ ਆਪਣੇ ਹਿਰਦੇ ਵਿਚ ਹੀ ਉਸ ਖਸਮ-ਪ੍ਰਭੂ ਨੂੰ ਬੈਠਾ ਜਾਚ ਸਕਾਂਗਾ ।੨।

(ਹੇ ਭਾਈ! ਪ੍ਰਭੂ ਹਰੇਕ ਥਾਂ ਵਿਆਪਕ ਹੈ, ਆਪਣੀ ਵਡਿਆਈ ਭੀ ਉਹ ਆਪ ਹੀ ਜਾਣਦਾ ਹੈ ਤੇ ਜਾਚ ਸਕਦਾ ਹੈ ਉਹ) ਆਪ ਹੀ ਤੱਕੜੀ ਹੈ, ਤੱਕੜੀ ਦਾ ਵੱਟਾ ਹੈ, ਤੱਕੜੀ ਦੀ ਬੋਦੀ ਹੈ, ਉਹ ਆਪ ਹੀ (ਆਪਣੇ ਗੁਣਾਂ ਨੂੰ) ਤੋਲਣ ਵਾਲਾ ਹੈ । ਉਹ ਆਪ ਹੀ ਸਭ ਜੀਵਾਂ ਦੀ ਸੰਭਾਲ ਕਰਦਾ ਹੈ, ਆਪ ਹੀ ਸਭ ਦੇ ਦਿਲਾਂ ਦੀ ਸਮਝਦਾ ਹੈ, ਆਪ ਹੀ ਜੀਵ-ਰੂਪ ਹੋ ਕੇ ਜਗਤ ਵਿਚ (ਨਾਮ) ਵਣਜ ਕਰ ਰਿਹਾ ਹੈ ।੩।

ਅੰਞਾਣ ਨਾਨਕ ਪਰਮਾਤਮਾ ਦੇ ਗੁਣਾਂ ਦੀ ਕਦਰ ਨਹੀਂ ਪਾ ਸਕਦਾ, ਕਿਉਂਕਿ ਇਸ ਦੀ ਸੰਗਤਿ ਸਦਾ ਉਸ ਮਨ ਨਾਲ ਹੈ ਜੋ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਪਿਆ ਹੈ ਜੋ (ਜਨਮਾਂ ਜਨਮਾਂਤਰਾਂ ਦੇ ਵਿਕਾਰਾਂ ਦੀ ਮੈਲ ਨਾਲ) ਨੀਵੀਂ ਜਾਤਿ ਦਾ ਬਣਿਆ ਹੋਇਆ ਹੈ, ਜੋ ਸਦਾ ਭਟਕਦਾ ਰਹਿੰਦਾ ਹੈ, ਰਤਾ ਮਾਤ੍ਰ ਭੀ ਕਿਤੇ ਇਕ ਥਾਂ ਟਿਕ ਨਹੀਂ ਸਕਦਾ ।੪।੨।੯।

ਰਾਗੁ ਸੂਹੀ ਮਹਲਾ ੪ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਮਨਿ ਰਾਮ ਨਾਮੁ ਆਰਾਧਿਆ ਗੁਰ ਸਬਦਿ ਗੁਰੂ ਗੁਰ ਕੇ ॥ ਸਭਿ ਇਛਾ ਮਨਿ ਤਨਿ ਪੂਰੀਆ ਸਭੁ ਚੂਕਾ ਡਰੁ ਜਮ ਕੇ ॥੧॥ ਮੇਰੇ ਮਨ ਗੁਣ ਗਾਵਹੁ ਰਾਮ ਨਾਮ ਹਰਿ ਕੇ ॥ ਗੁਰਿ ਤੁਠੈ ਮਨੁ ਪਰਬੋਧਿਆ ਹਰਿ ਪੀਆ ਰਸੁ ਗਟਕੇ ॥੧॥ ਰਹਾਉ ॥ ਸਤ ਸੰਗਤਿ ਊਤਮ ਸਤਿਗੁਰ ਕੇਰੀ ਗੁਨ ਗਾਵੈ ਹਰਿ ਪ੍ਰਭ ਕੇ ॥ ਹਰਿ ਕਿਰਪਾ ਧਾਰਿ ਮੇਲਹੁ ਸਤਸੰਗਤਿ ਹਮ ਧੋਵਹ ਪਗ ਜਨ ਕੇ ॥੨॥ ਰਾਮ ਨਾਮੁ ਸਭੁ ਹੈ ਰਾਮ ਨਾਮਾ ਰਸੁ ਗੁਰਮਤਿ ਰਸੁ ਰਸਕੇ ॥ ਹਰਿ ਅੰਮ੍ਰਿਤੁ ਹਰਿ ਜਲੁ ਪਾਇਆ ਸਭ ਲਾਥੀ ਤਿਸ ਤਿਸ ਕੇ ॥੩॥ ਹਮਰੀ ਜਾਤਿ ਪਾਤਿ ਗੁਰੁ ਸਤਿਗੁਰੁ ਹਮ ਵੇਚਿਓ ਸਿਰੁ ਗੁਰ ਕੇ ॥ ਜਨ ਨਾਨਕ ਨਾਮੁ ਪਰਿਓ ਗੁਰ ਚੇਲਾ ਗੁਰ ਰਾਖਹੁ ਲਾਜ ਜਨ ਕੇ ॥੪॥੧॥ {ਪੰਨਾ 731}

ਪਦ ਅਰਥ :—ਮਨਿ—ਮਨ ਵਿਚ । ਗੁਰ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸਭਿ—ਸਾਰੀਆਂ । ਤਨਿ—ਤਨ ਵਿਚ । ਸਭੁ—ਸਾਰਾ । ਜਮ ਕੇ—ਜਮ ਦਾ ।੧।

ਮਨ—ਹੇ ਮਨ! ਗੁਰਿ ਤੁਠੈ—ਜੇ ਗੁਰੂ ਤ੍ਰੁੱਠ ਪਏ । ਪਰਬੋਧਿਆ—ਜਾਗ ਪੈਂਦਾ ਹੈ । ਗਟਕੇ—ਗਟਕਿ, ਗਟ ਗਟ ਕਰ ਕੇ, ਸੁਆਦ ਨਾਲ ।੧।ਰਹਾਉ।

ਕੇਰੀ—ਦੀ । ਗਾਵੈ—ਗਾਉਂਦਾ ਹੈ । ਹਰਿ—ਹੇ ਹਰੀ! ਹਮ ਧੋਵਹ—ਅਸੀ ਧੋਵੀਏ । ਪਗ—ਪੈਰ ।੨।

ਸਭੁ—ਸਦਾ (ਸੁਖ ਦੇਣ ਵਾਲਾ) । ਰਸਕੇ—ਰਸਕਿ, ਸੁਆਦ ਨਾਲ । ਅੰਮ੍ਰਿਤੁ ਜਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਤਿਸ—ਤ੍ਰਿਖਾ, ਤ੍ਰੇਹ । ਤਿਸ ਕੇ—ਤਿਸ ਦੀ {ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} ।੩।

ਗੁਰ ਕੇ—ਗੁਰੂ ਦੇ ਅੱਗੇ । ਪਰਿਓ—ਪੈ ਗਿਆ ਹੈ । ਗੁਰ ਚੇਲਾ—ਗੁਰੂ ਦਾ ਸਿੱਖ । ਲਾਜ—ਇੱਜ਼ਤ ।੪।

ਅਰਥ :—ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦੇ ਗੁਣ ਗਾਇਆ ਕਰ । ਜੇ (ਕਿਸੇ ਮਨੁੱਖ ਉਤੇ) ਗੁਰੂ ਦਇਆਵਾਨ ਹੋ ਜਾਏ, ਤਾਂ (ਉਸ ਦਾ) ਮਨ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਰਸ ਸੁਆਦ ਨਾਲ ਪੀਂਦਾ ਹੈ ।੧।ਰਹਾਉ।

ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਦੇ ਮਨ ਵਿਚ ਤਨ ਵਿਚ (ਉਪਜੀਆਂ) ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ, ਉਸ ਦੇ ਦਿਲ ਵਿਚੋਂ) ਜਮ ਦਾ ਭੀ ਸਾਰਾ ਡਰ ਲਹਿ ਜਾਂਦਾ ਹੈ ।੧।

ਹੇ ਭਾਈ! ਗੁਰੂ ਦੀ ਸਾਧ ਸੰਗਤਿ ਬੜਾ ਸ੍ਰੇਸ਼ਟ ਥਾਂ ਹੈ (ਸਾਧ ਸੰਗਤਿ ਵਿਚ ਮਨੁੱਖ) ਹਰਿ-ਪ੍ਰਭੂ ਦੇ ਗੁਣ ਗਾਂਦਾ ਹੈ । ਹੇ ਹਰੀ! ਮੇਹਰ ਕਰ, ਮੈਨੂੰ ਸਾਧ ਸੰਗਤਿ ਮਿਲਾ (ਉਥੇ) ਮੈਂ ਤੇਰੇ ਸੰਤ ਜਨਾਂ ਦੇ ਪੈਰ ਧੋਵਾਂਗਾ ।੨।

ਹੇ ਭਾਈ! ਪਰਮਾਤਮਾ ਦਾ ਨਾਮ ਹਰੇਕ ਸੁਖ ਦੇਣ ਵਾਲਾ ਹੈ । (ਪਰ) ਗੁਰੂ ਦੀ ਮਤਿ ਉਤੇ ਤੁਰ ਕੇ ਹੀ ਹਰਿ-ਨਾਮ ਦਾ ਰਸ ਸੁਆਦ ਨਾਲ ਲਿਆ ਜਾ ਸਕਦਾ ਹੈ । ਜਿਸ ਮਨੁੱਖ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪ੍ਰਾਪਤ ਕਰ ਲਿਆ, ਉਸ ਦੀ (ਮਾਇਆ ਦੀ) ਸਾਰੀ ਤ੍ਰੇਹ ਲਹਿ ਗਈ ।੩।

ਹੇ ਭਾਈ! ਗੁਰੂ ਹੀ ਮੇਰੀ ਜਾਤਿ ਹੈ, ਗੁਰੂ ਹੀ ਮੇਰੀ ਇੱਜ਼ਤ ਹੈ, ਮੈਂ ਆਪਣਾ ਸਿਰ ਗੁਰੂ ਦੇ ਪਾਸ ਵੇਚ ਦਿੱਤਾ ਹੈ । ਹੇ ਦਾਸ ਨਾਨਕ! (ਆਖ—) ਹੇ ਗੁਰੂ! ਮੇਰਾ ਨਾਮ 'ਗੁਰੂ ਕਾ ਸਿੱਖ' ਪੈ ਗਿਆ ਹੈ, ਹੁਣ ਤੂੰ ਆਪਣੇ ਇਸ ਸੇਵਕ ਦੀ ਇੱਜ਼ਤ ਰੱਖ ਲੈ (ਤੇ, ਹਰਿ-ਨਾਮ ਦੀ ਦਾਤਿ ਬਖ਼ਸ਼ੀ ਰੱਖ) ।੪।੧।

ਸੂਹੀ ਮਹਲਾ ੪ ॥ ਹਰਿ ਹਰਿ ਨਾਮੁ ਭਜਿਓ ਪੁਰਖੋਤਮੁ ਸਭਿ ਬਿਨਸੇ ਦਾਲਦ ਦਲਘਾ ॥ ਭਉ ਜਨਮ ਮਰਣਾ ਮੇਟਿਓ ਗੁਰ ਸਬਦੀ ਹਰਿ ਅਸਥਿਰੁ ਸੇਵਿ ਸੁਖਿ ਸਮਘਾ ॥੧॥ ਮੇਰੇ ਮਨ ਭਜੁ ਰਾਮ ਨਾਮ ਅਤਿ ਪਿਰਘਾ ॥ ਮੈ ਮਨੁ ਤਨੁ ਅਰਪਿ ਧਰਿਓ ਗੁਰ ਆਗੈ ਸਿਰੁ ਵੇਚਿ ਲੀਓ ਮੁਲਿ ਮਹਘਾ ॥੧॥ ਰਹਾਉ ॥ ਨਰਪਤਿ ਰਾਜੇ ਰੰਗ ਰਸ ਮਾਣਹਿ ਬਿਨੁ ਨਾਵੈ ਪਕੜਿ ਖੜੇ ਸਭਿ ਕਲਘਾ ॥ ਧਰਮਰਾਇ ਸਿਰਿ ਡੰਡੁ ਲਗਾਨਾ ਫਿਰਿ ਪਛੁਤਾਨੇ ਹਥ ਫਲਘਾ ॥੨॥ ਹਰਿ ਰਾਖੁ ਰਾਖੁ ਜਨ ਕਿਰਮ ਤੁਮਾਰੇ ਸਰਣਾਗਤਿ ਪੁਰਖ ਪ੍ਰਤਿਪਲਘਾ ॥ ਦਰਸਨੁ ਸੰਤ ਦੇਹੁ ਸੁਖੁ ਪਾਵੈ ਪ੍ਰਭ ਲੋਚ ਪੂਰਿ ਜਨੁ ਤੁਮਘਾ ॥੩॥ ਤੁਮ ਸਮਰਥ ਪੁਰਖ ਵਡੇ ਪ੍ਰਭ ਸੁਆਮੀ ਮੋ ਕਉ ਕੀਜੈ ਦਾਨੁ ਹਰਿ ਨਿਮਘਾ ॥ ਜਨ ਨਾਨਕ ਨਾਮੁ ਮਿਲੈ ਸੁਖੁ ਪਾਵੈ ਹਮ ਨਾਮ ਵਿਟਹੁ ਸਦ ਘੁਮਘਾ ॥੪॥੨॥ {ਪੰਨਾ 731}

ਪਦ ਅਰਥ :—ਪੁਰਖੋਤਮੁ—ਉੱਤਮ ਪੁਰਖ, ਪ੍ਰਭੂ । ਸਭਿ—ਸਾਰੇ । ਦਾਲਦ—ਦਲਿਦ੍ਰ, ਗਰੀਬੀਆਂ । ਦਲਘਾ—ਦਲ, ਸਮੂਹ । ਅਸਥਿਰੁ—ਸਦਾ ਕਾਇਮ ਰਹਿਣ ਵਾਲਾ । ਸੇਵਿ—ਸਿਮਰ ਕੇ । ਸੁਖਿ—ਸੁਖ ਵਿਚ । ਸਮਘਾ—ਸਮਾ ਗਿਆ ।੧।

ਮਨ—ਹੇ ਮਨ! ਪਿਰਘਾ—ਪਿਆਰਾ । ਅਰਪਿ—ਅਰਪ ਕੇ, ਭੇਟਾ ਕਰ ਕੇ । ਮੁਲਿ ਮਹਘਾ—ਮਹਿੰਗੇ ਮੁੱਲ ।੧।ਰਹਾਉ।

ਨਰਪਤਿ—ਰਾਜੇ । ਮਾਣਹਿ—ਮਾਣਦੇ ਹਨ । ਪਕੜਿ—ਫੜ ਕੇ । ਸਭਿ—ਸਾਰੇ । ਕਲਘਾ—ਕਾਲ, ਮੌਤ, ਆਤਮਕ ਮੌਤ । ਸਿਰਿ—ਸਿਰ ਉਤੇ । ਹਥ—ਹੱਥਾਂ ਵਿਚ {ਬਹੁ-ਵਚਨ} । ਫਲਘਾ—ਫਲ, ਕਰਮਾਂ ਦਾ ਫਲ ।੨।

ਕਿਰਮ—ਕੀੜੇ, ਨਿਮਾਣੇ ਜੀਵ । ਸਰਣਾਗਤਿ—ਸਰਨ ਆਏ ਹਾਂ । ਪੁਰਖ—ਹੇ ਸਰਬ-ਵਿਆਪਕ! ਪ੍ਰਤਿਪਲਘਾ—ਹੇ ਪ੍ਰਤਿਪਾਲ! ਹੇ ਪਾਲਣਹਾਰ! ਲੋਚ—ਤਾਂਘ । ਪੂਰਿ—ਪੂਰੀ ਕਰ । ਤੁਮਘਾ—ਤੇਰਾ ।੩।

ਪ੍ਰਭ—ਹੇ ਪ੍ਰਭੂ! ਕਉ—ਨੂੰ । ਮੋ ਕਉ—ਮੈਨੂੰ । ਨਿਮਘਾ—ਨਿਮਖ ਭਰ, ਛਿਨ ਭਰ ਲਈ {ਨਿਮੇ——ਅੱਖ ਝਮਕਣ ਜਿਤਨਾ ਸਮਾ} । ਵਿਟਹੁ—ਤੋਂ । ਘੁਮਘਾ—ਕੁਰਬਾਨ ।੪।

ਅਰਥ :—ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਅੱਤ ਪਿਆਰਾ ਨਾਮ ਸਿਮਰਿਆ ਕਰ । ਹੇ ਭਾਈ! ਮੈਂ ਆਪਣਾ ਮਨ ਆਪਣਾ ਸਰੀਰ ਭੇਟਾ ਕਰ ਕੇ ਗੁਰੂ ਦੇ ਅੱਗੇ ਰੱਖ ਦਿੱਤਾ ਹੈ । ਮੈਂ ਆਪਣਾ ਸਿਰ ਮਹਿੰਗੇ ਮੁੱਲ ਦੇ ਵੱਟੇ ਵੇਚ ਦਿੱਤਾ ਹੈ (ਮੈਂ ਸਿਰ ਦੇ ਇਵਜ਼ ਕੀਮਤੀ ਹਰਿ-ਨਾਮ ਲੈ ਲਿਆ ਹੈ) ।੧।ਰਹਾਉ।

ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਹਰੀ ਉੱਤਮ ਪੁਰਖ ਨੂੰ ਜਪਿਆ ਹੈ, ਉਸ ਦੇ ਸਾਰੇ ਦਰਿੱਦ੍ਰ, ਦਲਾਂ ਦੇ ਦਲ ਨਾਸ ਹੋ ਗਏ ਹਨ । ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਮਨੁੱਖ ਨੇ ਜਨਮ ਮਰਨ ਦਾ ਡਰ ਭੀ ਮੁਕਾ ਲਿਆ । ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸੇਵਾ-ਭਗਤੀ ਕਰ ਕੇ ਉਹ ਆਨੰਦ ਵਿਚ ਲੀਨ ਹੋ ਗਿਆ ।੧।

ਹੇ ਭਾਈ! ਦੁਨੀਆ ਦੇ ਰਾਜੇ ਮਹਾਰਾਜੇ (ਮਾਇਆ ਦੇ) ਰੰਗ ਰਸ ਮਾਣਦੇ ਰਹਿੰਦੇ ਹਨ, ਨਾਮ ਤੋਂ ਸੱਖਣੇ ਰਹਿੰਦੇ ਹਨ, ਉਹਨਾਂ ਸਭਨਾਂ ਨੂੰ ਆਤਮਕ ਮੌਤ ਫੜ ਕੇ ਅੱਗੇ ਲਾ ਲੈਂਦੀ ਹੈ । ਜਦੋਂ ਉਹਨਾਂ ਨੂੰ ਕੀਤੇ ਕਰਮਾਂ ਦਾ ਫਲ ਮਿਲਦਾ ਹੈ, ਜਦੋਂ ਉਹਨਾਂ ਦੇ ਸਿਰ ਉਤੇ ਪਰਮਾਤਮਾ ਦਾ ਡੰਡਾ ਵੱਜਦਾ ਹੈ, ਤਦੋਂ ਪਛਤਾਂਦੇ ਹਨ ।੨।

ਹੇ ਹਰੀ! ਹੇ ਪਾਲਣਹਾਰ ਸਰਬ-ਵਿਆਪਕ! ਅਸੀ ਤੇਰੇ (ਪੈਦਾ ਕੀਤੇ) ਨਿਮਾਣੇ ਜੀਵ ਹਾਂ, ਅਸੀ ਤੇਰੀ ਸਰਨ ਆਏ ਹਾਂ, ਤੂੰ ਆਪ (ਆਪਣੇ) ਸੇਵਕਾਂ ਦੀ ਰੱਖਿਆ ਕਰ । ਹੇ ਪ੍ਰਭੂ! ਮੈਂ ਤੇਰਾ ਦਾਸ ਹਾਂ, ਦਾਸ ਦੀ ਤਾਂਘ ਪੂਰੀ ਕਰ, ਇਸ ਦਾਸ ਨੂੰ ਸੰਤ ਜਨਾਂ ਦਾ ਦਰਸਨ ਬਖ਼ਸ਼ (ਤਾ ਕਿ ਇਹ ਦਾਸ) ਆਤਮਕ ਆਨੰਦ ਪ੍ਰਾਪਤ ਕਰ ਸਕੇ ।੩।

ਹੇ ਪ੍ਰਭੂ! ਹੇ ਸਭ ਤੋਂ ਵੱਡੇ ਮਾਲਕ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਪੁਰਖ ਹੈਂ । ਮੈਨੂੰ ਇਕ ਛਿਨ ਵਾਸਤੇ ਹੀ ਆਪਣੇ ਨਾਮ ਦਾ ਦਾਨ ਦੇਹ । ਹੇ ਦਾਸ ਨਾਨਕ! (ਆਖ—) ਜਿਸ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ, ਉਹ ਆਨੰਦ ਮਾਣਦਾ ਹੈ । ਮੈਂ ਸਦਾ ਹਰਿ-ਨਾਮ ਤੋਂ ਸਦਕੇ ਹਾਂ ।੪।੨।

ਸੂਹੀ ਮਹਲਾ ੪ ॥ ਹਰਿ ਨਾਮਾ ਹਰਿ ਰੰਙੁ ਹੈ ਹਰਿ ਰੰਙੁ ਮਜੀਠੈ ਰੰਙੁ ॥ ਗੁਰਿ ਤੁਠੈ ਹਰਿ ਰੰਗੁ ਚਾੜਿਆ ਫਿਰਿ ਬਹੁੜਿ ਨ ਹੋਵੀ ਭੰਙੁ ॥੧॥ ਮੇਰੇ ਮਨ ਹਰਿ ਰਾਮ ਨਾਮਿ ਕਰਿ ਰੰਙੁ ॥ ਗੁਰਿ ਤੁਠੈ ਹਰਿ ਉਪਦੇਸਿਆ ਹਰਿ ਭੇਟਿਆ ਰਾਉ ਨਿਸੰਙੁ ॥੧॥ ਰਹਾਉ ॥ ਮੁੰਧ ਇਆਣੀ ਮਨਮੁਖੀ ਫਿਰਿ ਆਵਣ ਜਾਣਾ ਅੰਙੁ ॥ ਹਰਿ ਪ੍ਰਭੁ ਚਿਤਿ ਨ ਆਇਓ ਮਨਿ ਦੂਜਾ ਭਾਉ ਸਹਲੰਙੁ ॥੨॥ ਹਮ ਮੈਲੁ ਭਰੇ ਦੁਹਚਾਰੀਆ ਹਰਿ ਰਾਖਹੁ ਅੰਗੀ ਅੰਙੁ ॥ ਗੁਰਿ ਅੰਮ੍ਰਿਤ ਸਰਿ ਨਵਲਾਇਆ ਸਭਿ ਲਾਥੇ ਕਿਲਵਿਖ ਪੰਙੁ ॥੩॥ ਹਰਿ ਦੀਨਾ ਦੀਨ ਦਇਆਲ ਪ੍ਰਭੁ ਸਤਸੰਗਤਿ ਮੇਲਹੁ ਸੰਙੁ ॥ ਮਿਲਿ ਸੰਗਤਿ ਹਰਿ ਰੰਗੁ ਪਾਇਆ ਜਨ ਨਾਨਕ ਮਨਿ ਤਨਿ ਰੰਙੁ ॥੪॥੩॥ {ਪੰਨਾ ੭੩੧-੭੩੨}

ਪਦ ਅਰਥ :—ਰੰਙੁ—ਰੰਗ, ਪਿਆਰ । ਮਜੀਠੈ ਰੰਙੁ—ਮਜੀਠ ਦਾ ਰੰਗ, ਪੱਕਾ ਰੰਗ । ਗੁਰਿ ਤੁਠੈ—ਜੇ ਗੁਰੂ ਤ੍ਰੁੱਠ ਪਏ। ਬਹੁੜਿ—ਮੁੜ । ਹੋਵੀ—ਹੁੰਦਾ । ਭੰਙੁ—ਭੰਗ, ਤੋਟ, ਨਾਸ ।੧।

ਮਨ—ਹੇ ਮਨ! ਨਾਮਿ—ਨਾਮ ਵਿਚ । ਰੰਙੁ—ਪ੍ਰੇਮ । ਭੇਟਿਆ—ਮਿਲਿਆ । ਹਰਿ ਰਾਉ—ਪ੍ਰਭੂ ਪਾਤਿਸ਼ਾਹ । ਨਿਸੰਙੁ—ਸੰਗ ਲਾਹ ਕੇ, ਝਾਕਾ ਲਾਹ ਕੇ, ਜ਼ਰੂਰ ।੧।ਰਹਾਉ।

ਮੁੰਧ—ਜੀਵ-ਇਸਤ੍ਰੀ । ਮਨਮੁਖੀ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ । ਅੰਙੁ—ਸਾਥ । ਚਿਤਿ—ਚਿੱਤ ਵਿਚ । ਮਨਿ—ਮਨ ਵਿਚ । ਦੂਜਾ ਭਾਉ—ਮਾਇਆ ਦਾ ਪਿਆਰ । ਸਹਲੰਙੁ—{ਸਹ ਲÀਨ} ਸਾਥੀ ।੨।

ਦੁਹ ਚਾਰੀਆ—ਮੰਦ-ਕਰਮੀ । ਅੰਗੀ—ਹੇ ਅੰਗੀ! ਹੇ ਅੰਗ-ਪਾਲ! ਅੰਙੁ—ਅੰਗ, ਪੱਖ । ਗੁਰਿ—ਗੁਰੂ ਨੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਸਰਿ—ਸਰ ਵਿਚ, ਤਾਲਾਬ ਵਿਚ । ਅੰਮ੍ਰਿਤ ਸਰਿ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ । ਨਵਲਾਇਆ—ਇਸ਼ਨਾਨ ਕਰਾ ਦਿੱਤਾ । ਕਿਲਵਿਖ—ਪਾਪ । ਪੰਙੁ—ਪੰਕੁ, ਚਿੱਕੜ ।੩।

ਦੀਨਾ ਦੀਨ—ਕੰਗਾਲਾਂ ਤੋਂ ਕੰਗਾਲ । ਪ੍ਰਭੁ—ਹੇ ਪ੍ਰਭੂ! ਸੰਙੁ—ਸਾਥ । ਮਿਲਿ—ਮਿਲ ਕੇ ।੪।

ਅਰਥ :—ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਵਿਚ ਪਿਆਰ ਜੋੜ । ਜੇ (ਕਿਸੇ ਮਨੁੱਖ ਉਤੇ) ਗੁਰੂ ਮੇਹਰਬਾਨ ਹੋ ਕੇ, ਉਸ ਨੂੰ ਹਰਿ-ਨਾਮ ਸਿਮਰਨ ਦਾ ਉਪਦੇਸ਼ ਦੇਵੇ, ਤਾਂ ਉਸ ਮਨੁੱਖ ਨੂੰ ਪ੍ਰਭੂ-ਪਾਤਿਸ਼ਾਹ ਜ਼ਰੂਰ ਮਿਲ ਪੈਂਦਾ ਹੈ ।੧।ਰਹਾਉ।

ਹੇ ਭਾਈ! ਹਰਿ-ਨਾਮ ਦਾ ਸਿਮਰਨ (ਮਨੁੱਖ ਦੇ ਮਨ ਵਿਚ) ਹਰੀ ਦਾ ਪਿਆਰ ਪੈਦਾ ਕਰਦਾ ਹੈ, ਤੇ, ਇਹ ਹਰੀ-ਨਾਲ-ਪਿਆਰ ਮਜੀਠ ਦੇ ਰੰਗ ਵਰਗਾ ਪੱਕਾ ਪਿਆਰ ਹੁੰਦਾ ਹੈ । ਜੇ (ਕਿਸੇ ਮਨੁੱਖ ਉਤੇ) ਗੁਰੂ ਤ੍ਰੁੱਠ ਕੇ ਉਸ ਨੂੰ ਹਰਿ-ਨਾਮ ਦਾ ਰੰਗ ਚਾੜ੍ਹ ਦੇਵੇ ਤਾਂ ਮੁੜ ਉਸ ਰੰਗ (ਪਿਆਰ) ਦਾ ਕਦੇ ਨਾਸ ਨਹੀਂ ਹੁੰਦਾ ।੧।

ਹੇ ਭਾਈ! ਜੇਹੜੀ ਅੰਞਾਣ ਜੀਵ-ਇਸਤ੍ਰੀ (ਗੁਰੂ ਦਾ ਆਸਰਾ ਛੱਡ ਕੇ) ਆਪਣੇ ਹੀ ਮਨ ਦੇ ਪਿੱਛੇ ਤੁਰਦੀ ਹੈ, ਉਸ ਦਾ ਜਨਮ ਮਰਨ ਦੇ ਗੇੜ ਨਾਲ ਸਾਥ ਬਣਿਆ ਰਹਿੰਦਾ ਹੈ । ਉਸ (ਜੀਵ-ਇਸਤ੍ਰੀ) ਦੇ ਚਿੱਤ ਵਿਚ ਹਰੀ-ਪ੍ਰਭੂ ਨਹੀਂ ਵੱਸਦਾ, ਉਸ ਦੇ ਮਨ ਵਿਚ ਮਾਇਆ ਦਾ ਮੋਹ ਹੀ ਸਾਥੀ ਬਣਿਆ ਰਹਿੰਦਾ ਹੈ ।੨।

ਹੇ ਹਰੀ! ਅਸੀ ਜੀਵ (ਵਿਕਾਰਾਂ ਦੀ) ਮੈਲ ਨਾਲ ਭਰੇ ਰਹਿੰਦੇ ਹਾਂ, ਅਸੀ ਮੰਦ-ਕਰਮੀ ਹਾਂ । ਹੇ ਅੰਗ ਪਾਲਣ ਵਾਲੇ ਪ੍ਰਭੂ! ਸਾਡੀ ਰੱਖਿਆ ਕਰ, ਸਾਡੀ ਸਹਾਇਤਾ ਕਰ । ਹੇ ਭਾਈ! ਗੁਰੂ ਨੇ (ਜਿਸ ਮਨੁੱਖ ਨੂੰ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ ਇਸ਼ਨਾਨ ਕਰਾ ਦਿੱਤਾ, (ਉਸ ਦੇ ਅੰਦਰੋਂ) ਸਾਰੇ ਪਾਪ ਲਹਿ ਜਾਂਦੇ ਹਨ, ਪਾਪਾਂ ਦਾ ਚਿੱਕੜ ਧੁਪ ਜਾਂਦਾ ਹੈ ।੩।

ਹੇ ਅੱਤ ਕੰਗਾਲਾਂ ਉਤੇ ਦਇਆ ਕਰਨ ਵਾਲੇ ਹਰੀ-ਪ੍ਰਭੂ! ਮੈਨੂੰ ਸਾਧ ਸੰਗਤਿ ਦਾ ਸਾਥ ਮਿਲਾ । ਹੇ ਦਾਸ ਨਾਨਕ! (ਆਖ—) ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਪ੍ਰੇਮ ਪ੍ਰਾਪਤ ਕਰ ਲਿਆ, ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਉਹ ਪ੍ਰੇਮ (ਸਦਾ ਟਿਕਿਆ ਰਹਿੰਦਾ ਹੈ) ।੪।੩।

ਸੂਹੀ ਮਹਲਾ ੪ ॥ ਹਰਿ ਹਰਿ ਕਰਹਿ ਨਿਤ ਕਪਟੁ ਕਮਾਵਹਿ ਹਿਰਦਾ ਸੁਧੁ ਨ ਹੋਈ ॥ ਅਨਦਿਨੁ ਕਰਮ ਕਰਹਿ ਬਹੁਤੇਰੇ ਸੁਪਨੈ ਸੁਖੁ ਨ ਹੋਈ ॥੧॥ ਗਿਆਨੀ ਗੁਰ ਬਿਨੁ ਭਗਤਿ ਨ ਹੋਈ ॥ ਕੋਰੈ ਰੰਗੁ ਕਦੇ ਨ ਚੜੈ ਜੇ ਲੋਚੈ ਸਭੁ ਕੋਈ ॥੧॥ ਰਹਾਉ ॥ ਜਪੁ ਤਪ ਸੰਜਮ ਵਰਤ ਕਰੇ ਪੂਜਾ ਮਨਮੁਖ ਰੋਗੁ ਨ ਜਾਈ ॥ ਅੰਤਰਿ ਰੋਗੁ ਮਹਾ ਅਭਿਮਾਨਾ ਦੂਜੈ ਭਾਇ ਖੁਆਈ ॥੨॥ ਬਾਹਰਿ ਭੇਖ ਬਹੁਤੁ ਚਤੁਰਾਈ ਮਨੂਆ ਦਹ ਦਿਸਿ ਧਾਵੈ ॥ ਹਉਮੈ ਬਿਆਪਿਆ ਸਬਦੁ ਨ ਚੀਨ੍ਹੈ ਫਿਰਿ ਫਿਰਿ ਜੂਨੀ ਆਵੈ ॥੩॥ ਨਾਨਕ ਨਦਰਿ ਕਰੇ ਸੋ ਬੂਝੈ ਸੋ ਜਨੁ ਨਾਮੁ ਧਿਆਏ ॥ ਗੁਰ ਪਰਸਾਦੀ ਏਕੋ ਬੂਝੈ ਏਕਸੁ ਮਾਹਿ ਸਮਾਏ ॥੪॥੪॥ {ਪੰਨਾ ੭੩੨}

ਪਦ ਅਰਥ :—ਕਰਹਿ—ਕਰਦੇ ਹਨ । ਹਰਿ ਹਰਿ ਕਰਹਿ—(ਜ਼ਬਾਨੀ ਜ਼ਬਾਨੀ) ਹਰਿ-ਨਾਮ ਉਚਾਰਦੇ ਹਨ । ਕਪਟੁ—ਛਲ, ਧੋਖਾ । ਕਮਾਵਹਿ—ਕਮਾਂਦੇ ਹਨ । ਸੁਧੁ—ਪਵਿਤ੍ਰ । ਅਨਦਿਨੁ—ਹਰ ਰੋਜ਼, ਹਰ ਵੇਲੇ {ਅਨੁਦਿਨਜ਼} । ਕਰਮ—(ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰਮਿਕ) ਕੰਮ । ਸੁਪਨੈ—ਸੁਪਨੇ ਵਿਚ ਭੀ ।੧।

ਗਿਆਨੀ—ਹੇ ਗਿਆਨਵਾਨ! ਕੋਰੈ—ਕੋਰੇ (ਕੱਪੜੇ) ਨੂੰ । ਲੋਚੈ—ਤਾਂਘ ਕਰੇ । ਸਭੁ ਕੋਈ—ਹਰੇਕ ਜੀਵ ।੧।ਰਹਾਉ।

ਸੰਜਮ—ਇੰਦ੍ਰੀਆਂ ਨੂੰ ਵੱਸ ਕਰਨ ਲਈ ਸਰੀਰ ਨੂੰ ਔਖਾ ਕਰਨ ਵਾਲੇ ਸਾਧਨ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਅੰਤਰਿ—ਅੰਦਰ, ਮਨ ਵਿਚ । ਅਭਿਮਾਨਾ—ਅਹੰਕਾਰ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਖੁਆਈ—ਖੁੰਝਿਆ ਰਹਿੰਦਾ ਹੈ, ਕੁਰਾਹੇ ਪਿਆ ਰਹਿੰਦਾ ਹੈ ।੨।

ਮਨੂਆ—ਕੋਝਾ ਮਨ । ਦਹ ਦਿਸਿ—ਦਸੀਂ ਪਾਸੀਂ । ਧਾਵੈ—ਦੌੜਦਾ ਹੈ, ਭਟਕਦਾ ਹੈ । ਬਿਆਪਿਆ—ਫਸਿਆ ਹੋਇਆ । ਚੀਨ੍ਹੈ—ਪਛਾਣਦਾ, ਸਾਂਝ ਪਾਂਦਾ ।੩।

ਨਾਨਕ—ਹੇ ਨਾਨਕ! ਨਦਰਿ—ਮੇਹਰ ਦੀ ਨਿਗਾਹ । ਬੂਝੈ—ਸਮਝਦਾ ਹੈ । ਪਰਸਾਦੀ—ਕਿਰਪਾ ਨਾਲ, ਪਰਸਾਦਿ । ਏਕੋ ਬੂਝੈ—ਇਕ ਪਰਮਾਤਮਾ ਨਾਲ ਹੀ ਸਾਂਝ ਪਾਂਦਾ ਹੈ । ਏਕਸੁ ਮਾਹਿ—ਇਕ ਪਰਮਾਤਮਾ ਵਿਚ ਹੀ ।੪।

ਅਰਥ :—ਹੇ ਗਿਆਨਵਾਨ! ਗੁਰੂ ਦੀ ਸਰਨ ਪੈਣ ਤੋਂ ਬਿਨਾ ਭਗਤੀ ਨਹੀਂ ਹੋ ਸਕਦੀ (ਮਨ ਉਤੇ ਪ੍ਰਭੂ ਦੀ ਭਗਤੀ ਦਾ ਰੰਗ ਨਹੀਂ ਚੜ੍ਹ ਸਕਦਾ, ਜਿਵੇਂ) ਭਾਵੇਂ ਹਰੇਕ ਮਨੁੱਖ ਪਿਆ ਤਰਲੇ ਲਏ, ਕਦੇ ਕੋਰੇ ਕੱਪੜੇ ਉੱਤੇ ਰੰਗ ਨਹੀਂ ਚੜ੍ਹਦਾ ।੧।ਰਹਾਉ।

ਹੇ ਭਾਈ! (ਜੇਹੜੇ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦੇ ਉਂਞ) ਜ਼ਬਾਨੀ ਰਾਮ ਰਾਮ ਉਚਾਰਦੇ ਹਨ, ਸਦਾ ਧੋਖਾ-ਫਰੇਬ (ਭੀ) ਕਰਦੇ ਰਹਿੰਦੇ ਹਨ, ਉਹਨਾਂ ਦਾ ਦਿਲ ਪਵਿਤ੍ਰ ਨਹੀਂ ਹੋ ਸਕਦਾ । ਉਹ ਮਨੁੱਖ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਅਨੇਕਾਂ ਧਾਰਮਿਕ ਕਰਮ ਹਰ ਵੇਲੇ ਕਰਦੇ ਰਹਿੰਦੇ ਹਨ, ਪਰ ਉਹਨਾਂ ਨੂੰ ਕਦੇ ਸੁਪਨੇ ਵਿਚ ਭੀ ਆਤਮਕ ਆਨੰਦ ਨਹੀਂ ਮਿਲਦਾ ।੧।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮੰਤ੍ਰਾਂ ਦਾ) ਜਾਪ (ਧੂਣੀਆਂ ਦਾ) ਤਪਾਣਾ (ਆਦਿਕ) ਕਸ਼ਟ ਦੇਣ ਵਾਲੇ ਸਾਧਨ ਕਰਦਾ ਹੈ, ਵਰਤ ਰੱਖਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਸ ਮਨੁੱਖ ਦਾ (ਆਤਮਕ) ਰੋਗ ਦੂਰ ਨਹੀਂ ਹੁੰਦਾ । ਉਸ ਦੇ ਮਨ ਵਿਚ ਅਹੰਕਾਰ ਦਾ ਵੱਡਾ ਰੋਗ ਟਿਕਿਆ ਰਹਿੰਦਾ ਹੈ । ਉਹ ਮਾਇਆ ਦੇ ਮੋਹ ਵਿਚ ਫਸ ਕੇ ਕੁਰਾਹੇ ਪਿਆ ਰਹਿੰਦਾ ਹੈ ।੨।

ਹੇ ਭਾਈ! (ਗੁਰੂ ਤੋਂ ਖੁੰਝਿਆ ਹੋਇਆ ਮਨੁੱਖ) ਲੋਕਾਂ ਨੂੰ ਵਿਖਾਣ ਵਾਸਤੇ ਧਾਰਮਿਕ ਭੇਖ ਬਣਾਂਦਾ ਹੈ, ਬਥੇਰੀ ਚੁਸਤੀ-ਚਾਲਾਕੀ ਵਿਖਾਂਦਾ ਹੈ, ਪਰ ਉਸ ਦਾ ਕੋਝਾ ਮਨ ਦਸੀਂ ਪਾਸੀਂ ਦੌੜਿਆ ਫਿਰਦਾ ਹੈ । ਹਉਮੈ-ਅਹੰਕਾਰ ਵਿਚ ਫਸਿਆ ਹੋਇਆ ਉਹ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦਾ, ਉਹ ਮੁੜ ਮੁੜ ਜੂਨਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ ।੩।

ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ, ਉਹ (ਆਤਮਕ ਜੀਵਨ ਦੇ ਰਸਤੇ ਨੂੰ) ਸਮਝ ਲੈਂਦਾ ਹੈ, ਉਹ ਮਨੁੱਖ (ਸਦਾ) ਪਰਮਾਤਮਾ ਦਾ ਨਾਮ ਸਿਮਰਦਾ ਹੈ, ਗੁਰੂ ਦੀ ਕਿਰਪਾ ਨਾਲ ਉਹ ਇਕ ਪਰਮਾਤਮਾ ਨਾਲ ਹੀ ਸਾਂਝ ਬਣਾਈ ਰੱਖਦਾ ਹੈ, ਉਹ ਇਕ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ।੪।੪।

ਸੂਹੀ ਮਹਲਾ ੪ ਘਰੁ ੨
ੴ ਸਤਿਗੁਰ ਪ੍ਰਸਾਦਿ ॥ ਗੁਰਮਤਿ ਨਗਰੀ ਖੋਜਿ ਖੋਜਾਈ ॥ ਹਰਿ ਹਰਿ ਨਾਮੁ ਪਦਾਰਥੁ ਪਾਈ ॥੧॥ ਮੇਰੈ ਮਨਿ ਹਰਿ ਹਰਿ ਸਾਂਤਿ ਵਸਾਈ ॥ ਤਿਸਨਾ ਅਗਨਿ ਬੁਝੀ ਖਿਨ ਅੰਤਰਿ ਗੁਰਿ ਮਿਲਿਐ ਸਭ ਭੁਖ ਗਵਾਈ ॥੧॥ ਰਹਾਉ ॥ ਹਰਿ ਗੁਣ ਗਾਵਾ ਜੀਵਾ ਮੇਰੀ ਮਾਈ ॥ ਸਤਿਗੁਰਿ ਦਇਆਲਿ ਗੁਣ ਨਾਮੁ ਦ੍ਰਿੜਾਈ ॥੨॥ ਹਉ ਹਰਿ ਪ੍ਰਭੁ ਪਿਆਰਾ ਢੂਢਿ ਢੂਢਾਈ ॥ ਸਤ ਸੰਗਤਿ ਮਿਲਿ ਹਰਿ ਰਸੁ ਪਾਈ ॥੩॥ ਧੁਰਿ ਮਸਤਕਿ ਲੇਖ ਲਿਖੇ ਹਰਿ ਪਾਈ ॥ ਗੁਰੁ ਨਾਨਕੁ ਤੁਠਾ ਮੇਲੈ ਹਰਿ ਭਾਈ ॥੪॥੧॥੫॥ {ਪੰਨਾ ੭੩੨}

ਪਦ ਅਰਥ :—ਗੁਰਮਤਿ—ਗੁਰੂ ਦੀ ਮਤਿ ਲੈ ਕੇ । ਨਗਰੀ—ਸਰੀਰ (-ਨਗਰੀ) । ਖੋਜਿ—ਖੋਜ ਕਰ ਕੇ । ਖੋਜਾਈ—ਖੋਜ ਕਰਾਈ । ਪਾਈ—ਲੱਭ ਲਿਆ ।੧।

ਮੇਰੈ ਮਨਿ—ਮੇਰੇ ਮਨ ਵਿਚ । ਤਿਸਨਾ ਅਗਨਿ—ਮਾਇਆ ਦੀ ਤ੍ਰਿਸ਼ਨਾ ਦੀ ਅੱਗ । ਗੁਰਿ ਮਿਲਿਐ—ਗੁਰੂ ਮਿਲਣ ਨਾਲ ।੧।ਰਹਾਉ।

ਗਾਵਾ—ਗਾਵਾਂ, ਮੈਂ ਗਾਂਦਾ ਹਾਂ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ । ਮਾਈ—ਹੇ ਮਾਂ! ਸਤਿਗੁਰਿ—ਸਤਿਗੁਰੂ ਨੇ । ਦਇਆਲਿ—ਦਇਆਲ ਨੇ । ਦ੍ਰਿੜਾਈ—ਪੱਕਾ ਕਰ ਦਿੱਤਾ ਹੈ ।੨।

ਹਉ—ਮੈਂ । ਢੂਢਾਈ—ਭਾਲ ਕਰਾਂਦਾ ਹਾਂ । ਮਿਲਿ—ਮਿਲ ਕੇ ।੩।

ਧੁਰਿ—ਧੁਰ ਦਰਗਾਹ ਤੋਂ । ਮਸਤਕਿ—ਮੱਥੇ ਉੱਤੇ । ਤੁਠਾ—ਪ੍ਰਸੰਨ । ਭਾਈ—ਹੇ ਭਾਈ! ।੪।

ਅਰਥ :—ਹੇ ਭਾਈ! (ਗੁਰੂ ਨੇ ਮੈਨੂੰ ਹਰਿ-ਨਾਮ ਦੀ ਦਾਤਿ ਦੇ ਕੇ) ਮੇਰੇ ਮਨ ਵਿਚ ਠੰਢ ਪਾ ਦਿੱਤੀ ਹੈ । (ਮੇਰੇ ਅੰਦਰੋਂ) ਇਕ ਛਿਨ ਵਿਚ (ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਬੁੱਝ ਗਈ ਹੈ । ਗੁਰੂ ਦੇ ਮਿਲਣ ਨਾਲ ਮੇਰੀ ਸਾਰੀ (ਮਾਇਆ ਦੀ) ਭੁੱਖ ਦੂਰ ਹੋ ਗਈ ਹੈ ।੧।ਰਹਾਉ।

ਹੇ ਭਾਈ! ਗੁਰੂ ਦੀ ਮਤਿ ਲੈ ਕੇ ਮੈਂ ਆਪਣੇ ਸਰੀਰ-ਨਗਰ ਦੀ ਚੰਗੀ ਤਰ੍ਹਾਂ ਖੋਜ ਕੀਤੀ ਹੈ, ਅਤੇ, (ਸਰੀਰ ਦੇ ਵਿਚੋਂ ਹੀ) ਪਰਮਾਤਮਾ ਦਾ ਕੀਮਤੀ ਨਾਮ ਮੈਂ ਲੱਭ ਲਿਆ ਹੈ ।੧।

ਹੇ ਮੇਰੀ ਮਾਂ! (ਹੁਣ ਜਿਉਂ ਜਿਉਂ) ਮੈਂ ਪਰਮਾਤਮਾ ਦੇ ਗੁਣ ਗਾਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਰਿਹਾ ਹੈ । ਦਇਆ ਦੇ ਘਰ ਸਤਿਗੁਰੂ ਨੇ ਮੇਰੇ ਹਿਰਦੇ ਵਿਚ ਪ੍ਰਭੂ ਦੇ ਗੁਣ ਪੱਕੇ ਕਰ ਦਿੱਤੇ ਹਨ, ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ ਹੈ ।੨।

ਹੇ ਭਾਈ! ਹੁਣ ਮੈਂ ਪਿਆਰੇ ਹਰਿ-ਪ੍ਰਭੂ ਦੀ ਭਾਲ ਕਰਦਾ ਹਾਂ, (ਸਤਸੰਗੀਆਂ ਪਾਸੋਂ) ਭਾਲ ਕਰਾਂਦਾ ਹਾਂ । ਸਾਧ ਸੰਗਤਿ ਵਿਚ ਮਿਲ ਕੇ ਮੈਂ ਪਰਮਾਤਮਾ ਦੇ ਨਾਮ ਦਾ ਸੁਆਦ ਮਾਣਦਾ ਹਾਂ ।੩।

ਹੇ ਭਾਈ! ਧੁਰ ਦਰਗਾਹ ਤੋਂ (ਜਿਸ ਮਨੁੱਖ ਦੇ) ਮੱਥੇ ਉੱਤੇ ਪ੍ਰਭੂ-ਮਿਲਾਪ ਦਾ ਲਿਖਿਆ ਲੇਖ ਉੱਘੜਦਾ ਹੈ, ਉਸ ਉਤੇ ਗੁਰੂ ਨਾਨਕ ਪ੍ਰਸੰਨ ਹੁੰਦਾ ਹੈ ਅਤੇ, ਉਸ ਨੂੰ ਪਰਮਾਤਮਾ ਮਿਲਾ ਦੇਂਦਾ ਹੈ ।੪।੧।੫।

ਨੋਟ :—ਘਰੁ ੧ ਦੇ ਚਾਰ ਸ਼ਬਦਾਂ ਦਾ ਸੰਗ੍ਰਹਿ ਮੁੱਕ ਚੁਕਾ ਹੈ । ਹੁਣ 'ਘਰੁ ੨' ਦੇ ਸ਼ਬਦਾਂ ਦੇ ਸੰਗ੍ਰਹਿ ਦਾ ਇਹ ਪਹਿਲਾ ਸ਼ਬਦ ਹੈ ।

ਸੂਹੀ ਮਹਲਾ ੪ ॥ ਹਰਿ ਕ੍ਰਿਪਾ ਕਰੇ ਮਨਿ ਹਰਿ ਰੰਗੁ ਲਾਏ ॥ ਗੁਰਮੁਖਿ ਹਰਿ ਹਰਿ ਨਾਮਿ ਸਮਾਏ ॥੧॥ ਹਰਿ ਰੰਗਿ ਰਾਤਾ ਮਨੁ ਰੰਗ ਮਾਣੇ ॥ ਸਦਾ ਅਨੰਦਿ ਰਹੈ ਦਿਨ ਰਾਤੀ ਪੂਰੇ ਗੁਰ ਕੈ ਸਬਦਿ ਸਮਾਣੇ ॥੧॥ ਰਹਾਉ ॥ ਹਰਿ ਰੰਗ ਕਉ ਲੋਚੈ ਸਭੁ ਕੋਈ ॥ ਗੁਰਮੁਖਿ ਰੰਗੁ ਚਲੂਲਾ ਹੋਈ ॥੨॥ ਮਨਮੁਖਿ ਮੁਗਧੁ ਨਰੁ ਕੋਰਾ ਹੋਇ ॥ ਜੇ ਸਉ ਲੋਚੈ ਰੰਗੁ ਨ ਹੋਵੈ ਕੋਇ ॥੩॥ ਨਦਰਿ ਕਰੇ ਤਾ ਸਤਿਗੁਰੁ ਪਾਵੈ ॥ ਨਾਨਕ ਹਰਿ ਰਸਿ ਹਰਿ ਰੰਗਿ ਸਮਾਵੈ ॥੪॥੨॥੬॥ {ਪੰਨਾ 732}

ਪਦ ਅਰਥ :—ਮਨਿ—ਮਨ ਵਿਚ । ਰੰਗੁ—ਪਿਆਰ, ਪ੍ਰੇਮ-ਰੰਗ । ਲਾਏ—ਪੈਦਾ ਕਰਦਾ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਨਾਮਿ—ਨਾਮ ਵਿਚ ।੧।

ਰੰਗਿ—ਰੰਗ ਵਿਚ । ਰਾਤਾ—ਰੰਗਿਆ ਹੋਇਆ । ਅਨੰਦਿ—ਆਨੰਦ ਵਿਚ । ਕੈ ਸਬਦਿ—ਦੇ ਸ਼ਬਦ ਵਿਚ ।੧।ਰਹਾਉ।

ਕਉ—ਨੂੰ, ਦੀ ਖ਼ਾਤਰ । ਲੋਚੈ—ਤਾਂਘਦਾ ਹੈ । ਸਭੁ ਕੋਈ—ਹਰੇਕ ਪ੍ਰਾਣੀ । ਚਲੂਲਾ—ਗੂੜ੍ਹਾ ।੨।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਮੁਗਧੁ—ਮੂਰਖ । ਕੋਰਾ—ਪਿਆਰ ਤੋਂ ਸੱਖਣਾ, ਰੁੱਖਾ । ਸਉ—ਸਉ ਵਾਰੀ ।੩।

ਨਦਰਿ—ਮੇਹਰ ਦੀ ਨਿਗਾਹ । ਰਸਿ—ਰਸ ਵਿਚ । ਰੰਗਿ—ਰੰਗ ਵਿਚ ।੪।

ਅਰਥ :—ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਦਾ ਮਨ ਆਤਮਕ ਆਨੰਦ ਮਾਣਦਾ ਰਹਿੰਦਾ ਹੈ । ਉਹ ਮਨੁੱਖ ਦਿਨ ਰਾਤ ਹਰ ਵੇਲੇ ਆਨੰਦ ਵਿਚ ਮਗਨ ਰਹਿੰਦਾ ਹੈ, ਉਹ ਪੂਰੇ ਗੁਰੂ ਦੀ ਬਾਣੀ ਵਿਚ ਲੀਨ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਪਰਮਾਤਮਾ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ, ਉਸ ਦੇ ਮਨ ਵਿਚ (ਆਪਣੇ ਚਰਨਾਂ ਦਾ) ਪਿਆਰ ਪੈਦਾ ਕਰਦਾ ਹੈ । ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਸਦਾ ਲੀਨ ਰਹਿੰਦਾ ਹੈ ।੧।

ਹੇ ਭਾਈ! (ਉਂਞ ਤਾਂ) ਹਰੇਕ ਮਨੁੱਖ ਪ੍ਰਭੂ (ਚਰਨਾਂ) ਦੇ ਪਿਆਰ ਦੀ ਖ਼ਾਤਰ ਤਰਲੇ ਲੈਂਦਾ ਹੈ, ਪਰ ਗੁਰੂ ਦੀ ਸਰਨ ਪਿਆਂ ਹੀ (ਮਨ ਉਤੇ ਪ੍ਰੇਮ ਦਾ) ਗੂੜ੍ਹਾ ਰੰਗ ਚੜ੍ਹਦਾ ਹੈ ।੨।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਪਿਆਰ ਤੋਂ ਸੱਖਣੇ ਹਿਰਦੇ ਵਾਲਾ ਹੀ ਰਹਿੰਦਾ ਹੈ । ਅਜੇਹਾ ਮਨੁੱਖ ਜੇ ਸੌ ਵਾਰੀ ਭੀ ਤਾਂਘ ਕਰੇ, ਉਸ ਨੂੰ (ਪ੍ਰਭੂ ਦੇ ਪਿਆਰੇ ਦਾ) ਰੰਗ ਨਹੀਂ ਚੜ੍ਹ ਸਕਦਾ ।੩।

ਹੇ ਨਾਨਕ! (ਆਖ—ਜਦੋਂ ਪਰਮਾਤਮਾ ਕਿਸੇ ਮਨੁੱਖ ਉੱਤੇ) ਮੇਹਰ ਦੀ ਨਿਗਾਹ ਕਰਦਾ ਹੈ, ਤਾਂ ਉਹ ਗੁਰੂ (ਦਾ ਮਿਲਾਪ) ਪ੍ਰਾਪਤ ਕਰਦਾ ਹੈ, (ਫਿਰ ਉਹ) ਪਰਮਾਤਮਾ ਦੇ ਨਾਮ-ਰਸ ਵਿਚ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਸਮਾਇਆ ਰਹਿੰਦਾ ਹੈ ।੪।੨।੬।

ਸੂਹੀ ਮਹਲਾ ੪ ॥ ਜਿਹਵਾ ਹਰਿ ਰਸਿ ਰਹੀ ਅਘਾਇ ॥ ਗੁਰਮੁਖਿ ਪੀਵੈ ਸਹਜਿ ਸਮਾਇ ॥੧॥ ਹਰਿ ਰਸੁ ਜਨ ਚਾਖਹੁ ਜੇ ਭਾਈ ॥ ਤਉ ਕਤ ਅਨਤ ਸਾਦਿ ਲੋਭਾਈ ॥੧॥ ਰਹਾਉ ॥ ਗੁਰਮਤਿ ਰਸੁ ਰਾਖਹੁ ਉਰ ਧਾਰਿ ॥ ਹਰਿ ਰਸਿ ਰਾਤੇ ਰੰਗਿ ਮੁਰਾਰਿ ॥੨॥ ਮਨਮੁਖਿ ਹਰਿ ਰਸੁ ਚਾਖਿਆ ਨ ਜਾਇ ॥ ਹਉਮੈ ਕਰੈ ਬਹੁਤੀ ਮਿਲੈ ਸਜਾਇ ॥੩॥ ਨਦਰਿ ਕਰੇ ਤਾ ਹਰਿ ਰਸੁ ਪਾਵੈ ॥ ਨਾਨਕ ਹਰਿ ਰਸਿ ਹਰਿ ਗੁਣ ਗਾਵੈ ॥੪॥੩॥੭॥ {ਪੰਨਾ 733}

ਪਦ ਅਰਥ :—ਜਿਹਵਾ—ਜੀਭ । ਰਸਿ—ਰਸ ਵਿਚ । ਅਘਾਇ ਰਹੀ—ਰੱਜੀ ਰਹਿੰਦੀ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਹਜਿ—ਆਤਮਕ ਅਡੋਲਤਾ ਵਿਚ ।੧।

ਭਾਈ ਜਨ—ਹੇ ਭਾਈ ਜਨੋ! ਹੇ ਪਿਆਰੇ ਸੱਜਣੋ! ਤਉ—ਤਾਂ, ਤਦੋਂ । ਸਾਦਿ—ਸੁਆਦ ਵਿਚ । ਅਨਤ ਸਾਦਿ—ਹੋਰ ਸੁਆਦਿ ਵਿਚ । ਕਤ—ਕਿੱਥੇ? ਕਤ

ਅਨਤ ਸਾਦਿ—ਕਿਸੇ ਭੀ ਸੁਆਦ ਵਿਚ ਨਹੀਂ ।੧।ਰਹਾਉ।

ਉਰ—ਹਿਰਦਾ । ਧਾਰਿ—ਟਿਕਾ ਕੇ । ਰੰਗਿ—ਪ੍ਰੇਮ-ਰੰਗ ਵਿਚ ।੨।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ! ਹਉਮੈ ਕਰੈ—'ਮੈਂ ਮੈਂ' ਕਰਦਾ ਹੈ, 'ਮੈਂ ਵੱਡਾ, ਮੈਂ ਸਿਆਣਾ'—ਇਹ ਆਖਦਾ ਰਹਿੰਦਾ ਹੈ ।੩।

ਪਾਵੈ—ਹਾਸਲ ਕਰਦਾ ਹੈ । ਨਾਨਕ—ਹੇ ਨਾਨਕ! ।੪।

ਅਰਥ :—ਹੇ ਪਿਆਰੇ ਸੱਜਣੋ! ਜੇ ਤੁਸੀ ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਲਵੋ, ਤਾਂ ਫਿਰ ਕਿਸੇ ਭੀ ਹੋਰ ਸੁਆਦ ਵਿਚ ਨਹੀਂ ਫਸੋਗੇ ।੧।ਰਹਾਉ।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦੀ ਜੀਭ ਪਰਮਾਤਮਾ ਦੇ ਨਾਮ ਦੇ ਰਸ ਵਿਚ ਰੱਜੀ ਰਹਿੰਦੀ ਹੈ, ਉਹ ਸਦਾ ਉਹ ਨਾਮ-ਰਸ ਹੀ ਪੀਂਦਾ ਹੈ, ਅਤੇ, ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ।੧।

ਹੇ ਭਾਈ! ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪ੍ਰਭੂ ਦੇ ਨਾਮ ਦਾ ਸੁਆਦ ਆਪਣੇ ਹਿਰਦੇ ਵਿਚ ਵਸਾਈ ਰੱਖੋ । ਜੇਹੜੇ ਮਨੁੱਖ ਪ੍ਰਭੂ ਦੇ ਨਾਮ-ਰਸ ਵਿਚ ਮਗਨ ਹੋ ਜਾਂਦੇ ਹਨ, ਉਹ ਮੁਰਾਰੀ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ।੨।

ਪਰ, ਹੇ ਭਾਈ! ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਚੱਖ ਸਕਦਾ, (ਉਹ ਜਿਉਂ ਜਿਉਂ ਆਪਣੀ ਸਿਆਣਪ ਦਾ) ਅਹੰਕਾਰ ਕਰਦਾ ਹੈ (ਤਿਉਂ ਤਿਉਂ) ਉਸ ਨੂੰ ਵਧੀਕ ਵਧੀਕ ਸਜ਼ਾ ਮਿਲਦੀ ਹੈ (ਆਤਮਕ ਕਲੇਸ਼ ਸਹਾਰਨਾ ਪੈਂਦਾ ਹੈ) ।੩।

ਹੇ ਨਾਨਕ! (ਆਖ—ਹੇ ਭਾਈ!) ਜਦੋਂ ਪਰਮਾਤਮਾ (ਕਿਸੇ ਮਨੁੱਖ ਉਤੇ) ਮੇਹਰ ਦੀ ਨਿਗਾਹ ਕਰਦਾ ਹੈ ਤਦੋਂ ਉਹ ਪ੍ਰਭੂ ਦੇ ਨਾਮ ਦਾ ਸੁਆਦ ਹਾਸਲ ਕਰਦਾ ਹੈ, (ਫਿਰ) ਉਹ ਹਰਿ-ਨਾਮ ਦੇ ਸੁਆਦ ਵਿਚ ਮਗਨ ਹੋ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ।੪।੩।੭।

ਸੂਹੀ ਮਹਲਾ ੪ ਘਰੁ ੬
ੴ ਸਤਿਗੁਰ ਪ੍ਰਸਾਦਿ ॥ ਨੀਚ ਜਾਤਿ ਹਰਿ ਜਪਤਿਆ ਉਤਮ ਪਦਵੀ ਪਾਇ ॥ ਪੂਛਹੁ ਬਿਦਰ ਦਾਸੀ ਸੁਤੈ ਕਿਸਨੁ ਉਤਰਿਆ ਘਰਿ ਜਿਸੁ ਜਾਇ ॥੧॥ ਹਰਿ ਕੀ ਅਕਥ ਕਥਾ ਸੁਨਹੁ ਜਨ ਭਾਈ ਜਿਤੁ ਸਹਸਾ ਦੂਖ ਭੂਖ ਸਭ ਲਹਿ ਜਾਇ ॥੧॥ ਰਹਾਉ ॥ ਰਵਿਦਾਸੁ ਚਮਾਰੁ ਉਸਤਤਿ ਕਰੇ ਹਰਿ ਕੀਰਤਿ ਨਿਮਖ ਇਕ ਗਾਇ ॥ ਪਤਿਤ ਜਾਤਿ ਉਤਮੁ ਭਇਆ ਚਾਰਿ ਵਰਨ ਪਏ ਪਗਿ ਆਇ ॥੨॥ ਨਾਮਦੇਅ ਪ੍ਰੀਤਿ ਲਗੀ ਹਰਿ ਸੇਤੀ ਲੋਕੁ ਛੀਪਾ ਕਹੈ ਬੁਲਾਇ ॥ ਖਤ੍ਰੀ ਬ੍ਰਾਹਮਣ ਪਿਠਿ ਦੇ ਛੋਡੇ ਹਰਿ ਨਾਮਦੇਉ ਲੀਆ ਮੁਖਿ ਲਾਇ ॥੩॥ ਜਿਤਨੇ ਭਗਤ ਹਰਿ ਸੇਵਕਾ ਮੁਖਿ ਅਠਸਠਿ ਤੀਰਥ ਤਿਨ ਤਿਲਕੁ ਕਢਾਇ ॥ ਜਨੁ ਨਾਨਕੁ ਤਿਨ ਕਉ ਅਨਦਿਨੁ ਪਰਸੇ ਜੇ ਕ੍ਰਿਪਾ ਕਰੇ ਹਰਿਰਾਇ ॥੪॥੧॥੮॥ {ਪੰਨਾ ੭੩੩}

ਪਦ ਅਰਥ :—ਨੀਚ ਜਾਤਿ—ਨੀਵੀਂ ਜਾਤਿ ਵਾਲਾ ਮਨੁੱਖ । ਉਤਮ ਪਦਵੀ—ਉੱਚਾ ਆਤਮਕ ਦਰਜਾ । ਪਾਇ—ਪਾ ਲੈਂਦਾ ਹੈ । ਬਿਦਰ—ਬਿਦਰ ਭਗਤ ਰਾਜਾ ਵਿਚਿਤ੍ਰ-ਵੀਰਜ ਦੀ ਦਾਸੀ ਸੁਦੇਸ਼ਣਾ ਦੀ ਕੁੱਖੋਂ ਵਿਆਸ ਰਿਸ਼ੀ ਦਾ ਪੁੱਤਰ ਸੀ । ਇਸ ਦਾ ਭਗਤੀ-ਭਾਵ ਵੇਖ ਕੇ ਹੀ ਕ੍ਰਿਸ਼ਨ ਜੀ ਦੁਰਜੋਧਨ ਦੇ ਮਹਲ-ਮਾੜੀਆਂ ਛੱਡ ਕੇ ਬਿਦਰ ਦੇ ਘਰ ਆ ਕੇ ਠਹਿਰੇ ਸਨ (ਵੇਖੋ ਭਾ: ਗੁਰਦਾਸ ਜੀ ਵਾਰ ੧੦} । ਘਰਿ ਜਿਸੁ—ਜਿਸ ਦੇ ਘਰ ਵਿਚ । ਜਾਇ—ਜਾ ਕੇ ।੧।

ਜਿਤੁ—ਜਿਸ (ਕਥਾ) ਦੀ ਰਾਹੀਂ । ਸਹਸਾ—ਸਹਿਮ ।੧।ਰਹਾਉ।

ਨਿਮਖ ਇਕ—ਇਕ ਇਕ ਨਿਮਖ, ਹਰ ਵੇਲੇ {ਨਿਮੇ——ਅੱਖ ਝਮਕਣ ਜਿਤਨਾ ਸਮਾ} । ਕੀਰਤਿ—ਸਿਫ਼ਤਿ-ਸਾਲਾਹ । ਪਤਿਤ ਜਾਤਿ—ਨੀਵੀਂ ਜਾਤਿ ਵਾਲਾ । ਚਾਰਿ ਵਰਨ—ਬ੍ਰਾਹਮਣ, ਖਤ੍ਰੀ, ਵੈਸ਼, ਸ਼ੂਦਰ । ਪਗਿ—ਪੈਰ ਉੱਤੇ । ਆਇ—ਆ ਕੇ ।੨।

ਨਾਮਦੇਅ ਪ੍ਰੀਤਿ—ਨਾਮਦੇਵ ਦੀ ਪ੍ਰੀਤਿ {ਨਾਮਦੇਵ ਜੀ ਦਾ ਜਨਮ ਪਿੰਡ ਨਰਸੀ ਵਾਂਮਨੀ, ਜ਼ਿਲ੍ਹਾ ਸਤਾਰਾ, ਪ੍ਰਾਂਤ ਬੰਬਈ ਵਿਚ ਸੰਨ ੧੨੭੦ ਵਿਚ ਹੋਇਆ ਸੀ । ਉਮਰ ਦਾ ਬਹੁਤਾ ਹਿੱਸਾ ਇਹਨਾਂ ਨੇ ਪੰਡਰਪੁਰ ਵਿਚ ਗੁਜ਼ਾਰਿਆ । ਉਥੇ ਹੀ ਦੇਹਾਂਤ ਸੰਨ ੧੩੫੦ ਵਿਚ} । ਸੇਤੀ—ਨਾਲ । ਮੁਖਿ ਲਾਇ ਲੀਆ—ਦਰਸਨ ਦਿੱਤਾ, ਮੱਥੇ ਲਾਇਆ ।੩।

ਮੁਖਿ—ਮੂੰਹ ਉਤੇ । ਅਠਸਠਿ—ਅਠਾਹਠ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਪਰਸੇ—ਛੁਹੇ । ਹਰਿ ਰਾਇ—ਪ੍ਰਭੂ-ਪਾਤਿਸ਼ਾਹ ।੪।

ਅਰਥ :—ਹੇ ਸੱਜਣੋ! ਪਰਮਾਤਮਾ ਦੀ ਅਸਚਰਜ ਸਿਫ਼ਤਿ-ਸਾਲਾਹ ਸੁਣਿਆ ਕਰੋ, ਜਿਸ ਦੀ ਬਰਕਤਿ ਨਾਲ ਹਰੇਕ ਕਿਸਮ ਦਾ ਸਹਿਮ ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਮਾਇਆ ਦੀ) ਭੁੱਖ ਮਿਟ ਜਾਂਦੀ ਹੈ ।੧।ਰਹਾਉ।

ਹੇ ਭਾਈ! ਨੀਵੀਂ ਜਾਤਿ ਵਾਲਾ ਮਨੁੱਖ ਭੀ ਪਰਮਾਤਮਾ ਦਾ ਨਾਮ ਜਪਣ ਨਾਲ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ (ਜੇ ਯਕੀਨ ਨਹੀਂ ਆਉਂਦਾ, ਤਾਂ ਕਿਸੇ ਪਾਸੋਂ) ਦਾਸੀ ਦੇ ਪੁੱਤਰ ਬਿਦਰ ਦੀ ਗੱਲ ਪੁੱਛ ਵੇਖੋ । ਉਸ ਬਿਦਰ ਦੇ ਘਰ ਵਿਚ ਕ੍ਰਿਸ਼ਨ ਜੀ ਜਾ ਕੇ ਠਹਿਰੇ ਸਨ ।੧।

ਹੇ ਭਾਈ! (ਭਗਤ) ਰਵਿਦਾਸ (ਜਾਤਿ ਦਾ) ਚਮਾਰ (ਸੀ, ਉਹ ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦਾ ਸੀ, ਉਹ ਹਰ ਵੇਲੇ ਪ੍ਰਭੂ ਦੀ ਕੀਰਤੀ ਗਾਂਦਾ ਰਹਿੰਦਾ ਸੀ । ਨੀਵੀਂ ਜਾਤਿ ਦਾ ਰਵਿਦਾਸ ਮਹਾਂ ਪੁਰਖ ਬਣ ਗਿਆ । ਚੌਹਾਂ ਵਰਨਾਂ ਦੇ ਮਨੁੱਖ ਉਸ ਦੇ ਪੈਰੀਂ ਆ ਕੇ ਲੱਗ ਪਏ ।੨।

ਹੇ ਭਾਈ! (ਭਗਤ) ਨਾਮਦੇਵ ਦੀ ਪਰਮਾਤਮਾ ਨਾਲ ਪ੍ਰੀਤਿ ਬਣ ਗਈ । ਜਗਤ ਉਸ ਨੂੰ ਛੀਂਬਾ ਆਖ ਕੇ ਸੱਦਿਆ ਕਰਦਾ ਸੀ । ਪਰਮਾਤਮਾ ਨੇ ਖਤ੍ਰੀਆਂ ਬ੍ਰਾਹਮਣਾਂ ਨੂੰ ਪਿੱਠ ਦੇ ਦਿੱਤੀ, ਤੇ, ਨਾਮਦੇਵ ਨੂੰ ਮੱਥੇ ਲਾਇਆ ਸੀ ।੩।

ਹੇ ਭਾਈ! ਪਰਮਾਤਮਾ ਦੇ ਜਿਤਨੇ ਭੀ ਭਗਤ ਹਨ, ਸੇਵਕ ਹਨ, ਉਹਨਾਂ ਦੇ ਮੱਥੇ ਉਤੇ ਅਠਾਹਠ ਤੀਰਥ ਤਿਲਕ ਲਾਂਦੇ ਹਨ (ਸਾਰੇ ਹੀ ਤੀਰਥ ਭੀ ਉਹਨਾਂ ਦਾ ਆਦਰ-ਮਾਣ ਕਰਦੇ ਹਨ) । ਹੇ ਭਾਈ! ਜੇ ਪ੍ਰਭੂ-ਪਾਤਿਸ਼ਾਹ ਮੇਹਰ ਕਰੇ, ਤਾਂ ਦਾਸ ਨਾਨਕ ਹਰ ਵੇਲੇ ਉਹਨਾਂ (ਭਗਤਾਂ ਸੇਵਕਾਂ) ਦੇ ਚਰਨ ਛੁੰਹਦਾ ਰਹੇ

।੪।੧।੮।

ਨੋਟ—'ਘਰੁ ੨' ਦੇ ਸ਼ਬਦਾਂ ਦਾ ਸੰਗ੍ਰਹਿ ਖ਼ਤਮ ਹੋ ਗਿਆ ਹੈ । ਅਗਾਂਹ 'ਘਰੁ ੬' ਦੇ ਸੰਗ੍ਰਹਿ ਦਾ ਇਹ ਪਹਿਲਾ ਸ਼ਬਦ ਹੈ । ਕੁੱਲ ਜੋੜ ੮ ਹੈ ।

ਸੂਹੀ ਮਹਲਾ ੪ ॥ ਤਿਨ੍ਹੀ ਅੰਤਰਿ ਹਰਿ ਆਰਾਧਿਆ ਜਿਨ ਕਉ ਧੁਰਿ ਲਿਖਿਆ ਲਿਖਤੁ ਲਿਲਾਰਾ ॥ ਤਿਨ੍ ਕੀ ਬਖੀਲੀ ਕੋਈ ਕਿਆ ਕਰੇ ਜਿਨ ਕਾ ਅੰਗੁ ਕਰੇ ਮੇਰਾ ਹਰਿ ਕਰਤਾਰਾ ॥੧॥ ਹਰਿ ਹਰਿ ਧਿਆਇ ਮਨ ਮੇਰੇ ਮਨ ਧਿਆਇ ਹਰਿ ਜਨਮ ਜਨਮ ਕੇ ਸਭਿ ਦੂਖ ਨਿਵਾਰਣਹਾਰਾ ॥੧॥ ਰਹਾਉ ॥ ਧੁਰਿ ਭਗਤ ਜਨਾ ਕਉ ਬਖਸਿਆ ਹਰਿ ਅੰਮ੍ਰਿਤ ਭਗਤਿ ਭੰਡਾਰਾ ॥ ਮੂਰਖੁ ਹੋਵੈ ਸੁ ਉਨ ਕੀ ਰੀਸ ਕਰੇ ਤਿਸੁ ਹਲਤਿ ਪਲਤਿ ਮੁਹੁ ਕਾਰਾ ॥੨॥ ਸੇ ਭਗਤ ਸੇ ਸੇਵਕਾ ਜਿਨਾ ਹਰਿ ਨਾਮੁ ਪਿਆਰਾ ॥ ਤਿਨ ਕੀ ਸੇਵਾ ਤੇ ਹਰਿ ਪਾਈਐ ਸਿਰਿ ਨਿੰਦਕ ਕੈ ਪਵੈ ਛਾਰਾ ॥੩॥ ਜਿਸੁ ਘਰਿ ਵਿਰਤੀ ਸੋਈ ਜਾਣੈ ਜਗਤ ਗੁਰ ਨਾਨਕ ਪੂਛਿ ਕਰਹੁ ਬੀਚਾਰਾ ॥ ਚਹੁ ਪੀੜੀ ਆਦਿ ਜੁਗਾਦਿ ਬਖੀਲੀ ਕਿਨੈ ਨ ਪਾਇਓ ਹਰਿ ਸੇਵਕ ਭਾਇ ਨਿਸਤਾਰਾ ॥੪॥੨॥੯॥ {ਪੰਨਾ 733}

ਪਦ ਅਰਥ :—ਤਿਨ੍ਹੀ—ਉਹਨਾਂ ਮਨੁੱਖਾਂ ਨੇ । ਅੰਤਰਿ—ਆਪਣੇ ਹਿਰਦੇ ਵਿਚ । ਧੁਰਿ—ਧੁਰ ਦਰਗਾਹ ਤੋਂ । ਲਿਖਤੁ—ਲੇਖ । ਲਿਲਾਰਾ—ਲਿਲਾਟ, ਮੱਥੇ ਉਤੇ । ਬਖੀਲੀ—ਚੁਗ਼ਲੀ, ਨਿੰਦਾ । ਅੰਗੁ—ਪੱਖ ।੧।

ਮਨ—ਹੇ ਮਨ! ਸਭਿ—ਸਾਰੇ । ਨਿਵਾਰਣਹਾਰਾ—ਦੂਰ ਕਰਨ ਜੋਗਾ ।੧।ਰਹਾਉ।

ਅੰਮ੍ਰਿਤ ਭਗਤਿ—ਆਤਮਕ ਜੀਵਨ ਦੇਣ ਵਾਲੀ ਭਗਤੀ । ਭੰਡਾਰਾ—ਖ਼ਜ਼ਾਨਾ । ਰੀਸ—ਬਰਾਬਰੀ । ਹਲਤਿ—ਇਸ ਲੋਕ ਵਿਚ {ਅ } । ਪਲਤਿ—{ਪਰ } ਪਰਲੋਕ ਵਿਚ । ਕਾਰਾ—ਕਾਲਾ ।੨।

ਤੇ—ਤੋਂ, ਦੀ ਰਾਹੀਂ । ਪਾਈਐ—ਮਿਲਦਾ ਹੈ । ਕੈ ਸਿਰਿ—ਦੇ ਸਿਰ ਉਤੇ । ਛਾਰਾ—ਸੁਆਹ । ਪਵੈ ਛਾਰਾ—ਸੁਆਹ ਪੈਂਦੀ ਹੈ ।੩।

ਜਿਸੁ ਘਰਿ—ਜਿਸ ਦੇ ਘਰ ਵਿਚ, ਜਿਸ ਦੇ ਹਿਰਦੇ-ਘਰ ਵਿਚ । ਵਿਰਤੀ—ਵਾਪਰਦੀ ਹੈ । ਪੂਛਿ—ਪੁੱਛ ਕੇ । ਚਹੁ ਪੀੜੀ—ਚਹੁ ਪੀੜ੍ਹੀਆਂ ਵਿਚ, ਕਦੇ ਭੀ । ਆਦਿ ਜੁਗਾਦਿ—ਜਗਤ ਦੇ ਸ਼ੁਰੂ ਤੋਂ, ਜੁਗਾਂ ਦੇ ਸ਼ੁਰੂ ਤੋਂ । ਬਖੀਲੀ—ਚੁਗ਼ਲੀ ਕਰਨ ਨਾਲ । ਕਿਨੈ—ਕਿਸ ਨੇ ਭੀ । ਭਾਇ—ਭਾਵਨਾ ਨਾਲ । ਨਿਸਤਾਰਾ—ਪਾਰ-ਉਤਾਰਾ ।੪।

ਅਰਥ :—ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ । ਹੇ ਮਨ! ਪ੍ਰਭੂ ਦਾ ਧਿਆਨ ਧਰਿਆ ਕਰ । ਪਰਮਾਤਮਾ (ਜੀਵ ਦੇ) ਜਨਮਾਂ ਜਨਮਾਂਤਰਾਂ ਦੇ ਵਿਕਾਰ ਦੂਰ ਕਰਨ ਦੀ ਸਮਰਥਾ ਰੱਖਦਾ ਹੈ ।੧।ਰਹਾਉ।

ਹੇ ਭਾਈ! ਧੁਰ ਦਰਗਾਹ ਤੋਂ ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਲੇਖ ਲਿਖਿਆ ਹੁੰਦਾ ਹੈ, ਉਹੀ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਆਰਾਧਨ ਕਰਦੇ ਹਨ (ਅਤੇ ਪਰਮਾਤਮਾ ਉਹਨਾਂ ਦੀ ਹੀ ਪੱਖ ਕਰਦਾ ਹੈ) । ਪਿਆਰਾ ਕਰਤਾਰ ਜਿਨ੍ਹਾਂ ਦਾ ਪੱਖ ਕਰਦਾ ਹੈ, ਕੋਈ ਮਨੁੱਖ ਉਹਨਾਂ ਦੀ ਨਿੰਦਾ ਕਰ ਕੇ ਉਹਨਾਂ ਦਾ ਕੁਝ ਵਿਗਾੜ ਨਹੀਂ ਸਕਦਾ ।੧।

ਹੇ ਭਾਈ! ਧੁਰ ਦਰਗਾਹ ਤੋਂ ਪਰਮਾਤਮਾ ਨੇ ਆਪਣੇ ਭਗਤਾਂ ਨੂੰ ਆਪਣੀ ਆਤਮਕ ਜੀਵਨ ਦੇਣ ਵਾਲੀ ਭਗਤੀ ਦਾ ਖ਼ਜ਼ਾਨਾ ਬਖ਼ਸ਼ਿਆ ਹੋਇਆ ਹੈ । ਜੇਹੜਾ ਮਨੁੱਖ ਮੂਰਖ ਹੁੰਦਾ ਹੈ ਉਹੀ ਉਹਨਾਂ ਦੀ ਬਰਾਬਰੀ ਕਰਦਾ ਹੈ (ਇਸ ਈਰਖਾ ਦੇ ਕਾਰਨ, ਸਗੋਂ) ਉਸ ਦਾ ਮੂੰਹ ਇਸ ਲੋਕ ਤੇ ਪਰਲੋਕ ਵਿਚ ਕਾਲਾ ਹੁੰਦਾ ਹੈ (ਉਹ ਲੋਕ ਪਰਲੋਕ ਵਿਚ ਬਦਨਾਮੀ ਖੱਟਦਾ ਹੈ) ।੨।

ਹੇ ਭਾਈ! ਉਹੀ ਮਨੁੱਖ ਭਗਤ ਹਨ, ਉਹ ਮਨੁੱਖ (ਪਰਮਾਤਮਾ ਦੇ) ਸੇਵਕ ਹਨ, ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ । ਉਹਨਾਂ (ਸੇਵਕਾਂ ਭਗਤਾਂ) ਦੀ ਸਰਨ ਪਿਆਂ ਪਰਮਾਤਮਾ (ਦਾ ਮਿਲਾਪ) ਪ੍ਰਾਪਤ ਹੁੰਦਾ ਹੈ । (ਸੇਵਕਾਂ ਭਗਤਾਂ ਦੇ) ਨਿੰਦਕ ਦੇ ਸਿਰ ਉਤੇ (ਤਾਂ ਜਗਤ ਵਲੋਂ) ਸੁਆਹ (ਹੀ) ਪੈਂਦੀ ਹੈ ।੩।

ਹੇ ਭਾਈ! (ਉਂਞ ਤਾਂ ਆਪਣੇ ਅੰਦਰ ਦੀ ਫਿਟਕਾਰ ਨੂੰ) ਉਹੀ ਮਨੁੱਖ ਜਾਣਦਾ ਹੈ ਜਿਸ ਦੇ ਹਿਰਦੇ ਵਿਚ ਇਹ ਬਖ਼ੀਲੀ ਵਾਲੀ ਦਸ਼ਾ) ਵਾਪਰਦੀ ਹੈ । (ਪਰ) ਤੁਸੀ ਜਗਤ ਦੇ ਗੁਰੂ ਨਾਨਕ (ਪਾਤਸ਼ਾਹ) ਨੂੰ ਭੀ ਪੁੱਛ ਕੇ ਵਿਚਾਰ ਕਰ ਵੇਖੋ (ਇਹ ਯਕੀਨ ਜਾਣੋ ਕਿ) ਜਗਤ ਦੇ ਸ਼ੁਰੂ ਤੋਂ ਲੈ ਕੇ ਯੁਗਾਂ ਦੇ ਸ਼ੁਰੂ ਤੋਂ ਲੈ ਕੇ, ਕਦੇ ਵੀ ਕਿਸੇ ਮਨੁੱਖ ਨੇ (ਮਹਾ ਪੁਰਖਾਂ ਨਾਲ) ਈਰਖਾ ਦੀ ਰਾਹੀਂ (ਆਤਮਕ ਜੀਵਨ ਦਾ ਧਨ) ਨਹੀਂ ਲੱਭਾ । (ਮਹਾਂ ਪੁਰਖਾਂ ਨਾਲ) ਸੇਵਕ-ਭਾਵਨਾ ਰੱਖਿਆਂ ਹੀ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੁੰਦਾ ਹੈ ।੪।੨।੯।

ਸੂਹੀ ਮਹਲਾ ੪ ॥ ਜਿਥੈ ਹਰਿ ਆਰਾਧੀਐ ਤਿਥੈ ਹਰਿ ਮਿਤੁ ਸਹਾਈ ॥ ਗੁਰ ਕਿਰਪਾ ਤੇ ਹਰਿ ਮਨਿ ਵਸੈ ਹੋਰਤੁ ਬਿਧਿ ਲਇਆ ਨ ਜਾਈ ॥੧॥ ਹਰਿ ਧਨੁ ਸੰਚੀਐ ਭਾਈ ॥ ਜਿ ਹਲਤਿ ਪਲਤਿ ਹਰਿ ਹੋਇ ਸਖਾਈ ॥੧॥ ਰਹਾਉ ॥ ਸਤਸੰਗਤੀ ਸੰਗਿ ਹਰਿ ਧਨੁ ਖਟੀਐ ਹੋਰਥੈ ਹੋਰਤੁ ਉਪਾਇ ਹਰਿ ਧਨੁ ਕਿਤੈ ਨ ਪਾਈ ॥ ਹਰਿ ਰਤਨੈ ਕਾ ਵਾਪਾਰੀਆ ਹਰਿ ਰਤਨ ਧਨੁ ਵਿਹਾਝੇ ਕਚੈ ਕੇ ਵਾਪਾਰੀਏ ਵਾਕਿ ਹਰਿ ਧਨੁ ਲਇਆ ਨ ਜਾਈ ॥੨॥ {ਪੰਨਾ 733-734}

ਪਦ ਅਰਥ :—ਮਿਤੁ—ਮਿੱਤਰ । ਸਹਾਈ—ਮਦਦਗਾਰ । ਤੇ—ਤੋਂ, ਨਾਲ । ਮਨਿ—ਮਨ ਵਿਚ । ਹੋਰਤੁ ਬਿਧਿ—ਕਿਸੇ ਹੋਰ ਤਰੀਕੇ ਨਾਲ । {ਹੋਰਤੁ—ਹੋਰ ਦੀ ਰਾਹੀਂ । ਜਿਤੁ—ਜਿਸ ਦੀ ਰਾਹੀਂ । ਤਿਤੁ—ਉਸ ਦੀ ਰਾਹੀਂ ।੧।

ਸੰਚੀਐ—ਇਕੱਠਾ ਕਰਨਾ ਚਾਹੀਦਾ ਹੈ । ਭਾਈ—ਹੇ ਭਾਈ! ਜਿ ਹਰਿ—ਜੇਹੜਾ ਹਰੀ! ਹਲਤਿ—ਇਸ ਲੋਕ ਵਿਚ । ਪਲਤਿ—ਪਰਲੋਕ ਵਿਚ । ਸਖਾਈ—ਮਿੱਤਰ ।੧।ਰਹਾਉ।

ਸੰਗਿ—ਨਾਲ । ਸਤ ਸੰਗਤੀ ਸੰਗਿ—ਸਤਸੰਗੀਆਂ ਨਾਲ (ਰਲ ਕੇ) । ਖਟੀਐ—ਖੱਟਿਆ ਜਾ ਸਕਦਾ ਹੈ । ਹੋਰਥੈ—ਕਿਸੇ ਹੋਰ ਥਾਂ । ਹੋਰਤੁ ਉਪਾਇ—ਕਿਸੇ

ਹੋਰ ਜਤਨ ਨਾਲ । ਕਿਤੈ—ਕਿਸੇ ਭੀ ਥਾਂ । ਵਿਹਾਝੇ—ਖ਼ਰੀਦਦਾ ਹੈ ।

ਕਚੈ ਕੇ ਵਾਪਾਰੀਏ—ਕੱਚ ਦਾ ਵਪਾਰ ਕਰਨ ਵਾਲੇ (ਕੱਚ ਹੀ ਵਿਹਾਝਦੇ ਹਨ) । ਵਾਕਿ—(ਉਹਨਾਂ ਦੇ) ਵਾਕ ਨਾਲ, (ਉਹਨਾਂ ਦੀ) ਸਿੱਖਿਆ ਨਾਲ ।੨।

ਅਰਥ :—ਹੇ ਭਾਈ! ਜੇਹੜਾ ਹਰੀ ਇਸ ਲੋਕ ਵਿਚ ਅਤੇ ਪਰਲੋਕ ਵਿਚ ਮਿੱਤਰ ਬਣਦਾ ਹੈ, ਉਸ ਦਾ ਨਾਮ-ਧਨ ਇਕੱਠਾ ਕਰਨਾ ਚਾਹੀਦਾ ਹੈ ।੧।ਰਹਾਉ।

ਹੇ ਭਾਈ! ਜਿਸ ਭੀ ਥਾਂ ਪਰਮਾਤਮਾ ਦਾ ਆਰਾਧਨ ਕੀਤਾ ਜਾਏ, ਉਹ ਮਿੱਤਰ ਪਰਮਾਤਮਾ ਉੱਥੇ ਹੀ ਆ ਮਦਦਗਾਰ ਬਣਦਾ ਹੈ । (ਪਰ ਉਹ) ਪਰਮਾਤਮਾ ਗੁਰੂ ਦੀ ਕਿਰਪਾ ਨਾਲ (ਹੀ ਮਨੁੱਖ ਦੇ) ਮਨ ਵਿਚ ਵੱਸ ਸਕਦਾ ਹੈ, ਕਿਸੇ ਭੀ ਹੋਰ ਤਰੀਕੇ ਨਾਲ ਉਸ ਨੂੰ ਲੱਭਿਆ ਨਹੀਂ ਜਾ ਸਕਦਾ ।੧।

ਹੇ ਭਾਈ! ਸਤਸੰਗੀਆਂ ਨਾਲ (ਮਿਲ ਕੇ) ਪਰਮਾਤਮਾ ਦਾ ਨਾਮ-ਧਨ ਖੱਟਿਆ ਜਾ ਸਕਦਾ ਹੈ, (ਸਤਸੰਗ ਤੋਂ ਬਿਨਾ) ਕਿਸੇ ਭੀ ਹੋਰ ਥਾਂ, ਕਿਸੇ ਭੀ ਹੋਰ ਜਤਨ ਨਾਲ ਹਰਿ-ਨਾਮ ਧਨ ਖ਼ਰੀਦਦਾ ਹੈ, ਨਾਸਵੰਤ ਪਦਾਰਥਾਂ ਦੇ ਵਪਾਰੀ (ਮਾਇਕ ਪਦਾਰਥ ਹੀ ਖ਼ਰੀਦਦੇ ਹਨ ਉਹਨਾਂ ਦੀ) ਸਿੱਖਿਆ ਨਾਲ ਹਰਿ-ਨਾਮ-ਧਨ ਪ੍ਰਾਪਤ ਨਹੀਂ ਕੀਤਾ ਜਾ ਸਕਦਾ ।੨।

ਹਰਿ ਧਨੁ ਰਤਨੁ ਜਵੇਹਰੁ ਮਾਣਕੁ ਹਰਿ ਧਨੈ ਨਾਲਿ ਅੰਮ੍ਰਿਤ ਵੇਲੈ ਵਤੈ ਹਰਿ ਭਗਤੀ ਹਰਿ ਲਿਵ ਲਾਈ ॥ ਹਰਿ ਧਨੁ ਅੰਮ੍ਰਿਤ ਵੇਲੈ ਵਤੈ ਕਾ ਬੀਜਿਆ ਭਗਤ ਖਾਇ ਖਰਚਿ ਰਹੇ ਨਿਖੁਟੈ ਨਾਹੀ ॥ ਹਲਤਿ ਪਲਤਿ ਹਰਿ ਧਨੈ ਕੀ ਭਗਤਾ ਕਉ ਮਿਲੀ ਵਡਿਆਈ ॥੩॥ ਹਰਿ ਧਨੁ ਨਿਰਭਉ ਸਦਾ ਸਦਾ ਅਸਥਿਰੁ ਹੈ ਸਾਚਾ ਇਹੁ ਹਰਿ ਧਨੁ ਅਗਨੀ ਤਸਕਰੈ ਪਾਣੀਐ ਜਮਦੂਤੈ ਕਿਸੈ ਕਾ ਗਵਾਇਆ ਨ ਜਾਈ ॥ ਹਰਿ ਧਨ ਕਉ ਉਚਕਾ ਨੇੜਿ ਨ ਆਵਈ ਜਮੁ ਜਾਗਾਤੀ ਡੰਡੁ ਨ ਲਗਾਈ ॥੪॥ {ਪੰਨਾ ੭੩੪}

ਪਦ ਅਰਥ :—ਜਵੇਹਰੁ—ਜਵਾਹਰ । ਮਾਣਕੁ—ਮੋਤੀ । ਅੰਮ੍ਰਿਤ ਵੇਲੈ—ਆਤਮਕ ਜੀਵਨ ਦੇਣ ਵਾਲੇ ਸਮੇ ਵਿਚ । ਵਤੈ—ਵੱਤਰ ਦੇ ਵੇਲੇ । ਹਰਿ ਭਗਤੀ—ਹਰੀ ਦੇ ਭਗਤਾਂ ਨੇ । ਲਿਵ—ਲਗਨ । ਲਿਵ ਲਾਈ—ਸੁਰਤਿ ਜੋੜੀ । ਨਿਖੁਟੈ—ਮੁੱਕਦਾ । ਹਲਤਿ—ਇਸ ਲੋਕ ਵਿਚ । ਪਲਤਿ—ਪਰਲੋਕ ਵਿਚ । ਕਉ—ਨੂੰ ।੩।

ਅਸਥਿਰੁ—ਸਦਾ ਕਾਇਮ ਰਹਿਣ ਵਾਲਾ । ਸਾਚਾ—ਸਦਾ ਟਿਕੇ ਰਹਿਣ ਵਾਲਾ । ਤਸਕਰ—ਚੋਰ । ਉਚਕਾ—ਉਚੱਕਾ, ਚੁੱਕ ਕੇ ਲੈ ਜਾਣ ਵਾਲਾ, ਲੁਟੇਰਾ । ਜਾਗਾਤੀ—ਮਸੂਲੀਆ । ਡੰਡੁ—ਡੰਨ ।੪।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ (ਭੀ) ਧਨ (ਹੈ, ਇਹ ਧਨ) ਰਤਨ ਜਵਾਹਰ ਮੋਤੀ (ਵਰਗਾ ਕੀਮਤੀ) ਹੈ । ਪ੍ਰਭੂ ਦੇ ਭਗਤਾਂ ਨੇ ਵੱਤਰ ਦੇ ਵੇਲੇ ਉੱਠ ਕੇ ਅੰਮ੍ਰਿਤ ਵੇਲੇ ਉੱਠ ਕੇ (ਉਸ ਵੇਲੇ ਉੱਠ ਕੇ ਜਦੋਂ ਆਤਮਕ ਜੀਵਨ ਪਲ੍ਹਰਦਾ ਹੈ) ਇਸ ਹਰਿ-ਨਾਮ ਧਨ ਨਾਲ ਸੁਰਤਿ ਜੋੜੀ ਹੁੰਦੀ ਹੈ । ਵੱਤਰ ਦੇ ਵੇਲੇ ਅੰਮ੍ਰਿਤ ਵੇਲੇ (ਉੱਠ ਕੇ) ਬੀਜਿਆ ਹੋਇਆ ਇਹ ਹਰਿ-ਨਾਮ-ਧਨ ਭਗਤ ਜਨ ਆਪ ਵਰਤਦੇ ਰਹਿੰਦੇ ਹਨ, ਹੋਰਨਾਂ ਨੂੰ ਵੰਡਦੇ ਰਹਿੰਦੇ ਹਨ, ਪਰ ਇਹ ਮੁੱਕਦਾ ਨਹੀਂ । ਭਗਤ ਜਨਾਂ ਨੂੰ ਇਸ ਲੋਕ ਵਿਚ ਪਰਲੋਕ ਵਿਚ ਇਸ ਹਰਿ-ਨਾਮ-ਧਨ ਦੇ ਕਾਰਨ ਇੱਜ਼ਤ ਮਿਲਦੀ ਹੈ ।੩।

ਹੇ ਭਾਈ! ਇਸ ਹਰਿ-ਨਾਮ-ਧਨ ਨੂੰ ਕਿਸੇ ਕਿਸਮ ਦਾ ਕੋਈ ਡਰ-ਖ਼ਤਰਾ ਨਹੀਂ, ਇਹ ਸਦਾ ਹੀ ਕਾਇਮ ਰਹਿਣ ਵਾਲਾ ਹੈ, ਸਦਾ ਹੀ ਟਿਕਿਆ ਰਹਿੰਦਾ ਹੈ । ਅੱਗ, ਚੋਰ, ਪਾਣੀ, ਮੌਤ—ਕਿਸੇ ਪਾਸੋਂ ਭੀ ਇਸ ਧਨ ਦਾ ਨੁਕਸਾਨ ਨਹੀਂ ਕੀਤਾ ਜਾ ਸਕਦਾ । ਕੋਈ ਲੁਟੇਰਾ ਇਸ ਹਰਿ-ਨਾਮ-ਧਨ ਦੇ ਨੇੜੇ ਨਹੀਂ ਢੁਕ ਸਕਦਾ । ਜਮ ਮਸੂਲੀਆ ਇਸ ਧਨ ਨੂੰ ਮਸੂਲ ਨਹੀਂ ਲਾ ਸਕਦਾ ।੪।

ਸਾਕਤੀ ਪਾਪ ਕਰਿ ਕੈ ਬਿਖਿਆ ਧਨੁ ਸੰਚਿਆ ਤਿਨਾ ਇਕ ਵਿਖ ਨਾਲਿ ਨ ਜਾਈ ॥ ਹਲਤੈ ਵਿਚਿ ਸਾਕਤ ਦੁਹੇਲੇ ਭਏ ਹਥਹੁ ਛੁੜਕਿ ਗਇਆ ਅਗੈ ਪਲਤਿ ਸਾਕਤੁ ਹਰਿ ਦਰਗਹ ਢੋਈ ਨ ਪਾਈ ॥੫॥ ਇਸੁ ਹਰਿ ਧਨ ਕਾ ਸਾਹੁ ਹਰਿ ਆਪਿ ਹੈ ਸੰਤਹੁ ਜਿਸ ਨੋ ਦੇਇ ਸੁ ਹਰਿ ਧਨੁ ਲਦਿ ਚਲਾਈ ॥ ਇਸੁ ਹਰਿ ਧਨੈ ਕਾ ਤੋਟਾ ਕਦੇ ਨ ਆਵਈ ਜਨ ਨਾਨਕ ਕਉ ਗੁਰਿ ਸੋਝੀ ਪਾਈ ॥੬॥੩॥੧੦॥ {ਪੰਨਾ ੭੩੪}

ਪਦ ਅਰਥ :—ਸਾਕਤੀ—ਸਾਕਤੀਂ, ਸਾਕਤਾਂ ਨੇ, ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਨੇ । ਬਿਖਿਆ—ਮਾਇਆ । ਸੰਚਿਆ—ਇਕੱਠਾ ਕੀਤਾ, ਜੋੜਿਆ । ਵਿਖ—ਕਦਮ । ਦੁਹੇਲੇ—ਦੁਖੀ । ਸਾਕਤ—ਮਾਇਆ-ਵੇੜ੍ਹੇ ਮਨੁੱਖ । ਹਥਹੁ—ਹੱਥ ਵਿਚੋਂ । ਛੁੜਕਿ ਗਇਆ—ਖੁੱਸ ਗਿਆ । ਅਗੈ ਪਲਤਿ—ਅਗਾਂਹ ਪਰਲੋਕ ਵਿਚ । ਸਾਕਤੁ—ਮਾਇਆ-ਵੇੜ੍ਹਿਆ ਮਨੁੱਖ {ਇਕ-ਵਚਨ} । ਢੋਈ—ਆਸਰਾ ।੫।

ਸਾਹੁ—ਸ਼ਾਹੁ, ਸਰਮਾਏ ਦਾ ਮਾਲਕ । ਸੰਤਹੁ—ਹੇ ਸੰਤ ਜਨੋ! ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਦੇਇ—ਦੇਂਦਾ ਹੈ । ਲਦਿ—ਲੱਦ ਕੇ । ਤੋਟਾ—ਘਾਟ । ਆਵਈ—ਆਵਏ, ਆਵੈ । ਗੁਰਿ—ਗੁਰੂ ਨੇ । ਜਨ ਕਉ—ਆਪਣੇ ਦਾਸ ਨੂੰ । ਨਾਨਕ—ਹੇ ਨਾਨਕ! ।੬।

ਅਰਥ :—ਹੇ ਭਾਈ! ਮਾਇਆ-ਵੇੜ੍ਹੇ ਮਨੁੱਖਾਂ ਨੇ (ਸਦਾ) ਪਾਪ ਕਰ ਕਰ ਕੇ ਮਾਇਆ-ਧਨ (ਹੀ) ਜੋੜਿਆ, (ਪਰ) ਉਹਨਾਂ ਦੇ ਨਾਲ (ਜਗਤ ਤੋਂ ਤੁਰਨ ਵੇਲੇ) ਇਹ ਧਨ ਇਕ ਕਦਮ ਭੀ ਸਾਥ ਨਾਹ ਕਰ ਸਕਿਆ । (ਇਸ ਮਾਇਆ-ਧਨ ਦੇ ਕਾਰਨ) ਮਾਇਆ-ਵੇੜ੍ਹੇ ਮਨੁੱਖ ਇਸ ਲੋਕ ਵਿਚ ਦੁਖੀ ਹੀ ਰਹੇ (ਮਰਨ ਵੇਲੇ ਇਹ ਧਨ) ਹੱਥੋਂ ਖੁੱਸ ਗਿਆ, ਅਗਾਂਹ ਪਰਲੋਕ ਵਿਚ ਜਾ ਕੇ ਮਾਇਆ-ਵੇੜ੍ਹੇ ਮਨੁੱਖ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਕੋਈ ਥਾਂ ਨਹੀਂ ਮਿਲਦੀ ।੫।

ਹੇ ਸੰਤ ਜਨੋ! ਇਸ ਹਰਿ-ਨਾਮ-ਧਨ ਦਾ ਮਾਲਕ ਪਰਮਾਤਮਾ ਆਪ ਹੀ ਹੈ । ਜਿਸ ਮਨੁੱਖ ਨੂੰ ਸ਼ਾਹ ਪ੍ਰਭੂ ਇਹ ਧਨ ਦੇਂਦਾ ਹੈ, ਉਹ ਮਨੁੱਖ (ਇਸ ਜਗਤ ਵਿਚ) ਇਹ ਹਰਿ-ਨਾਮ-ਸੌਦਾ ਵਿਹਾਝ ਕੇ ਇਥੋਂ ਤੁਰਦਾ ਹੈ । ਹੇ ਨਾਨਕ! (ਆਖ—ਹੇ ਭਾਈ!) ਇਸ ਹਰਿ-ਨਾਮ-ਧਨ ਦੇ ਵਪਾਰ ਵਿਚ ਕਦੇ ਘਾਟਾ ਨਹੀਂ ਪੈਂਦਾ । ਗੁਰੂ ਨੇ ਆਪਣੇ ਸੇਵਕ ਨੂੰ ਇਹ ਗੱਲ ਚੰਗੀ ਤਰ੍ਹਾਂ ਸਮਝਾ ਦਿੱਤੀ ਹੈ ।੬।੩।੧੦।

ਸੂਹੀ ਮਹਲਾ ੪ ॥ ਜਿਸ ਨੋ ਹਰਿ ਸੁਪ੍ਰਸੰਨੁ ਹੋਇ ਸੋ ਹਰਿ ਗੁਣਾ ਰਵੈ ਸੋ ਭਗਤੁ ਸੋ ਪਰਵਾਨੁ ॥ ਤਿਸ ਕੀ ਮਹਿਮਾ ਕਿਆ ਵਰਨੀਐ ਜਿਸ ਕੈ ਹਿਰਦੈ ਵਸਿਆ ਹਰਿ ਪੁਰਖੁ ਭਗਵਾਨੁ ॥੧॥ ਗੋਵਿੰਦ ਗੁਣ ਗਾਈਐ ਜੀਉ ਲਾਇ ਸਤਿਗੁਰੂ ਨਾਲਿ ਧਿਆਨੁ ॥੧॥ ਰਹਾਉ ॥ ਸੋ ਸਤਿਗੁਰੂ ਸਾ ਸੇਵਾ ਸਤਿਗੁਰ ਕੀ ਸਫਲ ਹੈ ਜਿਸ ਤੇ ਪਾਈਐ ਪਰਮ ਨਿਧਾਨੁ ॥ ਜੋ ਦੂਜੈ ਭਾਇ ਸਾਕਤ ਕਾਮਨਾ ਅਰਥਿ ਦੁਰਗੰਧ ਸਰੇਵਦੇ ਸੋ ਨਿਹਫਲ ਸਭੁ ਅਗਿਆਨੁ ॥੨॥ ਜਿਸ ਨੋ ਪਰਤੀਤਿ ਹੋਵੈ ਤਿਸ ਕਾ ਗਾਵਿਆ ਥਾਇ ਪਵੈ ਸੋ ਪਾਵੈ ਦਰਗਹ ਮਾਨੁ ॥ ਜੋ ਬਿਨੁ ਪਰਤੀਤੀ ਕਪਟੀ ਕੂੜੀ ਕੂੜੀ ਅਖੀ ਮੀਟਦੇ ਉਨ ਕਾ ਉਤਰਿ ਜਾਇਗਾ ਝੂਠੁ ਗੁਮਾਨੁ ॥੩॥ ਜੇਤਾ ਜੀਉ ਪਿੰਡੁ ਸਭੁ ਤੇਰਾ ਤੂੰ ਅੰਤਰਜਾਮੀ ਪੁਰਖੁ ਭਗਵਾਨੁ ॥ ਦਾਸਨਿ ਦਾਸੁ ਕਹੈ ਜਨੁ ਨਾਨਕੁ ਜੇਹਾ ਤੂੰ ਕਰਾਇਹਿ ਤੇਹਾ ਹਉ ਕਰੀ ਵਖਿਆਨੁ ॥੪॥੪॥੧੧॥ {ਪੰਨਾ 734}

ਪਦ ਅਰਥ :—ਜਿਸ ਨੋ, ਜਿਸ ਕੈ, ਤਿਸ ਕੀ, ਜਿਸ ਤੇ, ਤਿਸ ਕਾ—{ਲਫ਼ਜ਼ 'ਜਿਸੁ' 'ਤਿਸੁ' ਦਾ _ ਸੰਬੰਧਕ 'ਨੋ' 'ਕੈ', 'ਕੀ', 'ਕਾ' ਦੇ ਕਾਰਨ ਉੱਡ ਗਿਆ ਹੈ} । ਸੁਪ੍ਰਸੰਨੁ—ਚੰਗੀ ਤਰ੍ਹਾਂ ਖ਼ੁਸ਼ । ਰਵੈ—ਚੇਤੇ ਕਰਦਾ ਹੈ । ਪਰਵਾਨੁ—ਕਬੂਲ । ਮਹਿਮਾ—ਵਡਿਆਈ । ਵਰਨੀਐ—ਬਿਆਨ ਕੀਤੀ ਜਾਏ । ਕੈ ਹਿਰਦੇ—ਦੇ ਹਿਰਦੇ ਵਿਚ ।੧।

ਗਾਈਐ—ਆਓ, ਗਾਵੀਏ । ਜੀਉ ਲਾਇ—ਚਿੱਤ ਜੋੜ ਕੇ । ।੧।ਰਹਾਉ।

ਸਫਲ—ਕਾਮਯਾਬ । ਤੇ—ਤੋਂ । ਨਿਧਾਨੁ—ਖ਼ਜ਼ਾਨਾ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਕਾਮਨਾ ਅਰਥਿ—ਮਨ ਦੀਆਂ ਵਾਸਨਾਂ ਦੀ ਖ਼ਾਤਰ । ਦੁਰਗੰਧ—ਵਿਸ਼ੇ ਵਿਕਾਰ । ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ ।੨।

ਪਰਤੀਤਿ—ਸਰਧਾ, ਨਿਸਚਾ । ਥਾਇ ਪਵੈ—ਪਰਵਾਨ ਹੁੰਦਾ ਹੈ । ਮਾਨੁ—ਆਦਰ । ਕਪਟੀ—ਫ਼ਰੇਬੀ । ਕੂੜੀ ਕੂੜੀ—ਝੂਠ-ਮੂਠ । ਗੁਮਾਨੁ—ਮਾਣ, ਅਹੰਕਾਰ ।੩।

ਜੀਉ—ਜਿੰਦ । ਪਿੰਡੁ—ਸਰੀਰ । ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ । ਦਾਸਨਿ ਦਾਸੁ—ਦਾਸਾਂ ਦਾ ਦਾਸ । ਵਖਿਆਨੁ—ਬਿਆਨ । ਕਰੀ—ਕਰੀਂ, ਮੈਂ ਕਰਦਾ ਹਾਂ ।੪।

ਅਰਥ :—ਹੇ ਭਾਈ! ਆਓ, ਚਿੱਤ ਜੋੜ ਕੇ, ਗੁਰੂ (ਦੀ ਬਾਣੀ) ਨਾਲ ਸੁਰਤਿ ਜੋੜ ਕੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੀਏ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਚੰਗੀ ਤਰ੍ਹਾਂ ਖ਼ੁਸ਼ ਹੁੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਹ ਮਨੁੱਖ (ਉਸ ਦੀਆਂ ਨਜ਼ਰਾਂ ਵਿਚ) ਭਗਤ ਹੈ (ਉਸ ਦੇ ਦਰ ਤੇ) ਕਬੂਲ ਹੈ । ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਭਗਵਾਨ ਪੁਰਖ ਆ ਵੱਸਦਾ ਹੈ, ਉਸ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ ।੧।

ਹੇ ਭਾਈ! ਉਹ ਗੁਰੂ (ਐਸਾ ਸਮਰਥ ਹੈ) ਕਿ ਉਸ ਪਾਸੋਂ ਸਭ ਤੋਂ ਉੱਚਾ ਖ਼ਜ਼ਾਨਾ ਮਿਲ ਜਾਂਦਾ ਹੈ, ਉਸ ਗੁਰੂ ਦੀ ਦੱਸੀ ਹੋਈ ਉਹ ਸੇਵਾ ਭੀ ਫਲ ਲਿਆਉਂਦੀ ਹੈ । ਜੇਹੜੇ ਮਾਇਆ-ਵੇੜ੍ਹੇ ਮਨੁੱਖ ਮਾਇਆ ਦੇ ਪਿਆਰ ਵਿਚ (ਫਸ ਕੇ) ਮਨ ਦੀਆਂ ਵਾਸਨਾਂ (ਪੂਰੀਆਂ ਕਰਨ) ਦੀ ਖ਼ਾਤਰ ਵਿਸ਼ੇ ਵਿਕਾਰਾਂ ਵਿਚ ਲੱਗੇ ਰਹਿੰਦੇ ਹਨ, ਉਹ ਜੀਵਨ ਵਿਅਰਥ ਗਵਾ ਲੈਂਦੇ ਹਨ, ਉਹਨਾਂ ਦਾ ਸਾਰਾ ਜੀਵਨ ਹੀ ਆਤਮਕ ਜੀਵਨ ਵਲੋਂ ਬੇ-ਸਮਝੀ ਹੈ ।੨।

ਹੇ ਭਾਈ! ਜਿਸ ਮਨੁੱਖ ਨੂੰ (ਗੁਰੂ ਉੱਤੇ) ਸਰਧਾ ਹੁੰਦੀ ਹੈ, ਉਸ ਦਾ ਹਰਿ-ਜਸ ਗਾਣਾ (ਹਰੀ ਦੀ ਹਜ਼ੂਰੀ ਵਿਚ) ਕਬੂਲ ਪੈਂਦਾ ਹੈ; ਉਹ ਮਨੁੱਖ ਪਰਮਾਤਮਾ ਦੀ ਦਰਗਾਹ ਵਿਚ ਆਦਰ ਪਾਂਦਾ ਹੈ । ਪਰ ਜੇਹੜੇ ਫ਼ਰੇਬੀ ਮਨੁੱਖ (ਗੁਰੂ ਉਤੇ) ਨਿਸਚਾ ਰੱਖਣ ਤੋਂ ਬਿਨਾ ਝੂਠ-ਮੂਠ ਹੀ ਅੱਖਾਂ ਮੀਟਦੇ ਹਨ (ਮਾਨੋ, ਸਮਾਧੀ ਲਾਈ ਬੈਠੇ ਹਨ) ਉਹਨਾਂ ਦਾ (ਆਪਣੀ ਉੱਚਤਾ ਬਾਰੇ) ਝੂਠਾ ਅਹੰਕਾਰ (ਆਖ਼ਰ) ਲਹਿ ਜਾਇਗਾ ।੩।

ਹੇ ਪ੍ਰਭੂ! ਜਿਤਨਾ ਭੀ (ਜੀਵਾਂ ਦਾ) ਜਿੰਦ-ਸਰੀਰ ਹੈ, ਇਹ ਸਭ ਤੇਰਾ ਦਿੱਤਾ ਹੋਇਆ ਹੈ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਸਰਬ-ਵਿਆਪਕ ਪ੍ਰਭੂ ਹੈਂ । ਹੇ ਪ੍ਰਭੂ! ਤੇਰੇ ਦਾਸਾਂ ਦਾ ਦਾਸ ਨਾਨਕ ਆਖਦਾ ਹੈ—(ਹੇ ਪ੍ਰਭੂ!) ਤੂੰ ਜੋ ਕੁਝ ਮੈਥੋਂ ਅਖਵਾਂਦਾ ਹੈਂ, ਮੈਂ ਉਹੀ ਕੁਝ ਆਖਦਾ ਹਾਂ ।੪।੪।੧੧।

ਸੂਹੀ ਮਹਲਾ ੪ ਘਰੁ 7
ੴ ਸਤਿਗੁਰ ਪ੍ਰਸਾਦਿ ॥ ਤੇਰੇ ਕਵਨ ਕਵਨ ਗੁਣ ਕਹਿ ਕਹਿ ਗਾਵਾ ਤੂ ਸਾਹਿਬ ਗੁਣੀ ਨਿਧਾਨਾ ॥ ਤੁਮਰੀ ਮਹਿਮਾ ਬਰਨਿ ਨ ਸਾਕਉ ਤੂੰ ਠਾਕੁਰ ਊਚ ਭਗਵਾਨਾ ॥੧॥ ਮੈ ਹਰਿ ਹਰਿ ਨਾਮੁ ਧਰ ਸੋਈ ॥ ਜਿਉ ਭਾਵੈ ਤਿਉ ਰਾਖੁ ਮੇਰੇ ਸਾਹਿਬ ਮੈ ਤੁਝ ਬਿਨੁ ਅਵਰੁ ਨ ਕੋਈ ॥੧॥ ਰਹਾਉ ॥ ਮੈ ਤਾਣੁ ਦੀਬਾਣੁ ਤੂ ਹੈ ਮੇਰੇ ਸੁਆਮੀ ਮੈ ਤੁਧੁ ਆਗੈ ਅਰਦਾਸਿ ॥ ਮੈ ਹੋਰੁ ਥਾਉ ਨਾਹੀ ਜਿਸੁ ਪਹਿ ਕਰਉ ਬੇਨੰਤੀ ਮੇਰਾ ਦੁਖੁ ਸੁਖੁ ਤੁਝ ਹੀ ਪਾਸਿ ॥੨॥ ਵਿਚੇ ਧਰਤੀ ਵਿਚੇ ਪਾਣੀ ਵਿਚਿ ਕਾਸਟ ਅਗਨਿ ਧਰੀਜੈ ॥ ਬਕਰੀ ਸਿੰਘੁ ਇਕਤੈ ਥਾਇ ਰਾਖੇ ਮਨ ਹਰਿ ਜਪਿ ਭ੍ਰਮੁ ਭਉ ਦੂਰਿ ਕੀਜੈ ॥੩॥ ਹਰਿ ਕੀ ਵਡਿਆਈ ਦੇਖਹੁ ਸੰਤਹੁ ਹਰਿ ਨਿਮਾਣਿਆ ਮਾਣੁ ਦੇਵਾਏ ॥ ਜਿਉ ਧਰਤੀ ਚਰਣ ਤਲੇ ਤੇ ਊਪਰਿ ਆਵੈ ਤਿਉ ਨਾਨਕ ਸਾਧ ਜਨਾ ਜਗਤੁ ਆਨਿ ਸਭੁ ਪੈਰੀ ਪਾਏ ॥੪॥੧॥੧੨॥ {ਪੰਨਾ 735}

ਪਦ ਅਰਥ :—ਕਵਨ ਕਵਨ—ਕੇਹੜੇ ਕੇਹੜੇ? ਕਹਿ ਕਹਿ—ਆਖ ਆਖ ਕੇ । ਗਾਵਾ—ਗਾਵਾਂ, ਮੈਂ ਗਾਵਾਂ । ਸਾਹਿਬ—ਮਾਲਕ । ਗੁਣੀ ਨਿਧਾਨਾ—ਗੁਣਾਂ ਦਾ ਖ਼ਜ਼ਾਨਾ । ਮਹਿਮਾ—ਵਡਿਆਈ । ਬਰਨਿ ਨ ਸਾਕਉ—{ਸਾਕਉਂ} ਮੈਂ ਬਿਆਨ ਨਹੀਂ ਕਰ ਸਕਦਾ ।੧।

ਮੈ—ਮੇਰੇ ਵਾਸਤੇ । ਧਰ—ਆਸਰਾ । ਅਵਰੁ—ਹੋਰ ।੧।ਰਹਾਉ।

ਤਾਣੁ—ਬਲ । ਦੀਬਾਣੁ—ਸਹਾਰਾ । ਪਹਿ—ਪਾਸ । ਕਰਉ—ਕਰਉਂ, ਮੈਂ ਕਰਾਂ । ਪਾਸੇ—ਪਾਸਿ ।੨।

ਵਿਚੇ ਪਾਨੀ—(ਪਾਣੀ ਦੇ) ਵਿਚ ਹੀ । ਵਿਚੇ ਧਰਤੀ—(ਧਰਤੀ ਦੇ) ਵਿਚ ਹੀ । ਕਾਸਟ—ਕਾਠ, ਲੱਕੜੀ । ਧਰੀਜੈ—ਧਰੀ ਹੋਈ ਹੈ । ਸਿੰਘੁ—ਸ਼ੇਰ । ਇਕ ਤੈ ਥਾਇ—ਇਕੋ ਹੀ ਥਾਂ ਵਿਚ । ਮਨ—ਹੇ ਮਨ! ।੩।

ਚਰਣ ਤਲੇ ਤੇ—ਪੈਰਾਂ ਹੇਠੋਂ । ਆਨਿ—ਲਿਆ ਕੇ । ਸਭੁ ਜਗਤੁ—ਸਾਰਾ ਸੰਸਾਰ ।੪।

ਅਰਥ :—ਹੇ ਹਰੀ! ਮੇਰੇ ਵਾਸਤੇ ਤੇਰਾ ਉਹ ਨਾਮ ਹੀ ਆਸਰਾ ਹੈ । ਹੇ ਮੇਰੇ ਮਾਲਕ! ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ ਮੇਰੀ ਰੱਖਿਆ ਕਰ । ਤੈਥੋਂ ਬਿਨਾ ਮੇਰਾ ਹੋਰ ਕੋਈ (ਸਹਾਰਾ) ਨਹੀਂ ਹੈ ।੧।ਰਹਾਉ।

ਹੇ ਸਭ ਤੋਂ ਉੱਚੇ ਭਗਵਾਨ! ਤੂੰ ਸਭ ਦਾ ਮਾਲਕ ਹੈਂ, ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ, ਤੂੰ ਸਭ ਦਾ ਪਾਲਣ ਵਾਲਾ ਹੈਂ । ਮੈਂ ਤੇਰੇ ਕੇਹੜੇ ਕੇਹੜੇ ਗੁਣ ਦੱਸ ਕੇ ਤੇਰੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ? ਮੈਂ ਤੇਰੀ ਵਡਿਆਈ ਬਿਆਨ ਨਹੀਂ ਕਰ ਸਕਦਾ ।੧।

ਹੇ ਮੇਰੇ ਮਾਲਕ! ਤੂੰ ਹੀ ਮੇਰੇ ਵਾਸਤੇ ਬਲ ਹੈਂ, ਤੂੰ ਹੀ ਮੇਰੇ ਵਾਸਤੇ ਆਸਰਾ ਹੈਂ । ਮੈਂ ਤੇਰੇ ਅੱਗੇ ਹੀ ਅਰਜ਼ੋਈ ਕਰ ਸਕਦਾ ਹਾਂ । ਮੇਰੇ ਵਾਸਤੇ ਕੋਈ ਹੋਰ ਅਜੇਹਾ ਥਾਂ ਨਹੀਂ, ਜਿਸ ਕੋਲ ਮੈਂ ਬੇਨਤੀ ਕਰ ਸਕਾਂ । ਮੈਂ ਆਪਣਾ ਹਰੇਕ ਸੁਖ ਹਰੇਕ ਦੁੱਖ ਤੇਰੇ ਕੋਲ ਹੀ ਪੇਸ਼ ਕਰ ਸਕਦਾ ਹਾਂ ।੨।

ਹੇ ਮੇਰੇ ਮਨ! ਵੇਖ, (ਪਾਣੀ ਦੇ) ਵਿਚ ਹੀ ਧਰਤੀ ਹੈ, (ਧਰਤੀ ਦੇ) ਵਿਚ ਹੀ ਪਾਣੀ ਹੈ, ਲੱਕੜ ਵਿਚ ਅੱਗ ਰੱਖੀ ਹੋਈ ਹੈ, (ਮਾਲਕ-ਪ੍ਰਭੂ ਨੇ, ਮਾਨੋ) ਸ਼ੇਰ ਤੇ ਬੱਕਰੀ ਇਕੋ ਥਾਂ ਰੱਖੇ ਹੋਏ ਹਨ । ਹੇ ਮਨ! (ਤੂੰ ਕਿਉਂ ਡਰਦਾ ਹੈਂ? ਅਜੇਹੀ ਸ਼ਕਤੀ ਵਾਲੇ) ਪਰਮਾਤਮਾ ਦਾ ਨਾਮ ਜਪ ਕੇ ਤੂੰ ਆਪਣਾ ਹਰੇਕ ਡਰ ਭਰਮ ਦੂਰ ਕਰ ਲਿਆ ਕਰ ।੩।

ਹੇ ਸੰਤ ਜਨੋ! ਵੇਖੋ ਪਰਮਾਤਮਾ ਦੀ ਵੱਡੀ ਤਾਕਤ! ਪਰਮਾਤਮਾ ਉਹਨਾਂ ਨੂੰ ਆਦਰ ਦਿਵਾਂਦਾ ਹੈ, ਜਿਨ੍ਹਾਂ ਦੀ ਕੋਈ ਇੱਜ਼ਤ ਨਹੀਂ ਸੀ ਕਰਦਾ । ਹੇ ਨਾਨਕ! ਜਿਵੇਂ ਧਰਤੀ (ਮਨੁੱਖ ਦੇ) ਪੈਰਾਂ ਹੇਠੋਂ (ਮੌਤ ਆਉਣ ਤੇ ਉਸ ਦੇ) ਉੱਪਰ ਆ ਜਾਂਦੀ ਹੈ, ਤਿਵੇਂ ਪਰਮਾਤਮਾ ਸਾਰੇ ਜਗਤ ਨੂੰ ਲਿਆ ਕੇ ਸਾਧ ਜਨਾਂ ਦੇ ਚਰਨਾਂ ਵਿਚ ਪਾ ਦੇਂਦਾ ਹੈ ।੪।੧।੧੨।

ਨੋਟ :—'ਘਰੁ ੭' ਦੇ ਨਵੇਂ ਸੰਗ੍ਰਹਿ ਦਾ ਇਹ ਪਹਿਲਾ ਸ਼ਬਦ ਹੈ ।

ਸੂਹੀ ਮਹਲਾ ੪ ॥ ਤੂੰ ਕਰਤਾ ਸਭੁ ਕਿਛੁ ਆਪੇ ਜਾਣਹਿ ਕਿਆ ਤੁਧੁ ਪਹਿ ਆਖਿ ਸੁਣਾਈਐ ॥ ਬੁਰਾ ਭਲਾ ਤੁਧੁ ਸਭੁ ਕਿਛੁ ਸੂਝੈ ਜੇਹਾ ਕੋ ਕਰੇ ਤੇਹਾ ਕੋ ਪਾਈਐ ॥੧॥ ਮੇਰੇ ਸਾਹਿਬ ਤੂੰ ਅੰਤਰ ਕੀ ਬਿਧਿ ਜਾਣਹਿ ॥ ਬੁਰਾ ਭਲਾ ਤੁਧੁ ਸਭੁ ਕਿਛੁ ਸੂਝੈ ਤੁਧੁ ਭਾਵੈ ਤਿਵੈ ਬੁਲਾਵਹਿ ॥੧॥ ਰਹਾਉ ॥ ਸਭੁ ਮੋਹੁ ਮਾਇਆ ਸਰੀਰੁ ਹਰਿ ਕੀਆ ਵਿਚਿ ਦੇਹੀ ਮਾਨੁਖ ਭਗਤਿ ਕਰਾਈ ॥ ਇਕਨਾ ਸਤਿਗੁਰੁ ਮੇਲਿ ਸੁਖੁ ਦੇਵਹਿ ਇਕਿ ਮਨਮੁਖਿ ਧੰਧੁ ਪਿਟਾਈ ॥੨॥ ਸਭੁ ਕੋ ਤੇਰਾ ਤੂੰ ਸਭਨਾ ਕਾ ਮੇਰੇ ਕਰਤੇ ਤੁਧੁ ਸਭਨਾ ਸਿਰਿ ਲਿਖਿਆ ਲੇਖੁ ॥ ਜੇਹੀ ਤੂੰ ਨਦਰਿ ਕਰਹਿ ਤੇਹਾ ਕੋ ਹੋਵੈ ਬਿਨੁ ਨਦਰੀ ਨਾਹੀ ਕੋ ਭੇਖੁ ॥੩॥ ਤੇਰੀ ਵਡਿਆਈ ਤੂੰ ਹੈ ਜਾਣਹਿ ਸਭ ਤੁਧਨੋ ਨਿਤ ਧਿਆਏ ॥ ਜਿਸ ਨੋ ਤੁਧੁ ਭਾਵੈ ਤਿਸ ਨੋ ਤੂੰ ਮੇਲਹਿ ਜਨ ਨਾਨਕ ਸੋ ਥਾਇ ਪਾਏ ॥੪॥੨॥੧੩॥ {ਪੰਨਾ ੭੩੫}

ਪਦ ਅਰਥ :—ਕਰਤਾ—ਸ੍ਰਿਸ਼ਟੀ ਰਚਣ ਵਾਲਾ । ਸਭੁ ਕਿਛੁ—ਹਰੇਕ ਗੱਲ । ਜਾਣਹਿ—ਤੂੰ ਜਾਣਦਾ ਹੈਂ । ਪਹਿ—ਪਾਸ, ਕੋਲ । ਆਖਿ—ਆਖ ਕੇ । ਸੂਝੈ—ਪਤਾ ਲੱਗ ਜਾਂਦਾ ਹੈ । ਕੋ—ਕੋਈ ਜੀਵ । ਪਾਈਐ—ਫਲ ਪਾ ਲੈਂਦਾ ਹੈ ।੧।

ਸਾਹਿਬ—ਹੇ ਮਾਲਕ! ਅੰਤਰ ਕੀ ਬਿਧਿ—(ਹਰੇਕ ਦੇ) ਅੰਦਰ ਦੀ ਹਾਲਤ । ਤੁਧੁ ਭਾਵੈ—ਜਿਵੇਂ ਤੈਨੂੰ ਚੰਗਾ ਲੱਗਦਾ ਹੈ । ਬੁਲਾਵਹਿ—ਤੂੰ ਸੱਦਦਾ ਹੈਂ ।੧।ਰਹਾਉ।

ਸਭੁ—ਸਾਰਾ । ਕੀਆ—ਬਣਾਇਆ ਹੋਇਆ । ਦੇਹੀ—ਸਰੀਰ । ਕਰਾਈ—ਕਰਾਂਦਾ ਹੈ । ਮੇਲਿ—ਮਿਲਾ ਕੇ । ਦੇਵਹਿ—ਤੂੰ ਦੇਂਦਾ ਹੈਂ (ਹੇ ਪ੍ਰਭੂ!) । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਧੰਧੁ ਪਿਟਾਈ—ਧੰਧਾ ਪਿਟਾਂਦਾ ਹੈ, ਮਾਇਆ ਦੇ ਮੋਹ ਵਿਚ ਫਸਾਈ ਰੱਖਦਾ ਹੈ ।੨।

ਸਭੁ ਕੋ—ਹਰੇਕ ਜੀਵ । ਕਰਤੇ—ਹੇ ਕਰਤਾਰ! ਤੁਧੁ—ਤੂੰ । ਸਿਰਿ—ਸਿਰ ਉੱਤੇ । ਨਦਰਿ—ਨਿਗਾਹ, ਦ੍ਰਿਸ਼ਟੀ । ਕੋ ਭੇਖੁ—ਕੋਈ ਭੀ ਭੇਖ, ਕੋਈ ਭੀ ਸਰੂਪ, ਕੋਈ ਭੀ ਜੀਵ ।੩।

ਸਭ—ਸਾਰੀ ਲੁਕਾਈ । ਤੁਧੁ ਭਾਵੈ—ਤੇਰੀ ਰਜ਼ਾ ਹੋਵੇ । ਥਾਇ ਪਾਏ—ਪਰਵਾਨ ਹੁੰਦਾ ਹੈ ।੪।

ਅਰਥ :—ਹੇ ਮੇਰੇ ਮਾਲਕ! ਤੂੰ (ਹਰੇਕ ਜੀਵ ਦੇ) ਅੰਦਰ ਦੀ ਹਾਲਤ ਜਾਣਦਾ ਹੈਂ । ਕਿਸੇ ਦੇ ਅੰਦਰ ਬੁਰਾਈ ਹੈ, ਕਿਸੇ ਦੇ ਅੰਦਰ ਭਲਾਈ, ਤੈਨੂੰ ਹਰੇਕ ਗੱਲ ਦਾ ਪਤਾ ਲੱਗ ਜਾਂਦਾ ਹੈ । ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਤਿਵੇਂ ਹੀ ਤੂੰ (ਹਰੇਕ ਜੀਵ ਨੂੰ ਚੰਗੇ ਜਾਂ ਮੰਦੇ ਨਾਮ ਨਾਲ) ਸੱਦਦਾ ਹੈਂ ।੧।ਰਹਾਉ।

ਹੇ ਪ੍ਰਭੂ! ਤੂੰ (ਸਾਰੀ ਸ੍ਰਿਸ਼ਟੀ ਦਾ) ਪੈਦਾ ਕਰਨ ਵਾਲਾ ਹੈਂ, (ਆਪਣੀ ਰਚੀ ਸ੍ਰਿਸ਼ਟੀ ਬਾਬਤ) ਹਰੇਕ ਗੱਲ ਤੂੰ ਆਪ ਹੀ ਜਾਣਦਾ ਹੈਂ । ਤੇਰੇ ਪਾਸੋਂ ਕੋਈ ਗੱਲ ਗੁੱਝੀ ਨਹੀਂ (ਇਸ ਵਾਸਤੇ) ਤੈਨੂੰ ਕੇਹੜੀ ਗੱਲ ਆਖ ਕੇ ਸੁਣਾਈ ਜਾਏ । ਹਰੇਕ ਜੀਵ ਦੀ ਬੁਰਾਈ ਅਤੇ ਭਲਾਈ ਦਾ ਤੈਨੂੰ ਆਪ ਹੀ ਪਤਾ ਲੱਗ ਜਾਂਦਾ ਹੈ । (ਤਾਹੀਏਂ) ਜਿਹੋ ਜਿਹਾ ਕਰਮ ਕੋਈ ਜੀਵ ਕਰਦਾ ਹੈ, ਉਸ ਦਾ ਉਹੋ ਜਿਹਾ ਫਲ ਉਹ ਪਾ ਲੈਂਦਾ ਹੈ ।੧।

ਹੇ ਭਾਈ! ਮਾਇਆ ਦਾ ਸਾਰਾ ਮੋਹ ਪਰਮਾਤਮਾ ਨੇ ਬਣਾਇਆ ਹੈ, ਹਰੇਕ ਸਰੀਰ (ਭੀ) ਪ੍ਰਭੂ ਨੇ ਹੀ ਬਣਾਇਆ ਹੈ । ਮਨੁੱਖ ਸਰੀਰ ਵਿਚ ਭਗਤੀ ਭੀ ਪ੍ਰਭੂ ਆਪ ਹੀ ਕਰਾਂਦਾ ਹੈ । ਹੇ ਪ੍ਰਭੂ! ਕਈ ਜੀਵਾਂ ਨੂੰ ਤੂੰ ਗੁਰੂ ਮਿਲਾ ਕੇ ਆਤਮਕ ਆਨੰਦ ਬਖ਼ਸ਼ਦਾ ਹੈਂ । ਹੇ ਭਾਈ! ਅਨੇਕਾਂ ਜੀਵ ਐਸੇ ਹਨ ਜੋ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਉਹਨਾਂ ਨੂੰ ਉਹ ਆਪ ਹੀ ਮਾਇਆ ਵਿਚ ਫਸਾਈ ਰੱਖਦਾ ਹੈ ।੨।

ਹੇ ਮੇਰੇ ਕਰਤਾਰ! ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ, ਤੂੰ ਸਭ ਜੀਵਾਂ ਦਾ (ਖਸਮ) ਹੈਂ । ਸਭ ਜੀਵਾਂ ਦੇ ਸਿਰ ਉਤੇ ਤੂੰ ਹੀ (ਕਿਰਤ ਦਾ) ਲੇਖ ਲਿਖਿਆ ਹੋਇਆ ਹੈ । ਉਸ ਲੇਖ (ਅਨੁਸਾਰ) ਜਿਹੋ ਜਿਹੀ ਨਿਗਾਹ ਤੂੰ ਕਿਸੇ ਜੀਵ ਉਤੇ ਕਰਦਾ ਹੈਂ ਉਹੋ ਜਿਹਾ ਉਹ ਬਣ ਜਾਂਦਾ ਹੈ । (ਚਾਹੇ ਕੋਈ ਚੰਗਾ ਹੈ, ਚਾਹੇ ਕੋਈ ਮੰਦਾ ਹੈ) ਤੇਰੀ ਨਿਗਾਹ ਤੋਂ ਬਿਨਾ ਕੋਈ ਭੀ ਜੀਵ (ਚੰਗਾ ਜਾਂ ਮੰਦਾ) ਨਹੀਂ (ਬਣਿਆ) ।੩।

ਹੇ ਦਾਸ ਨਾਨਕ (ਆਖ—) ਹੇ ਮੇਰੇ ਕਰਤਾਰ! ਤੂੰ ਕਿਤਨਾ ਵੱਡਾ ਹੈਂ—ਇਹ ਗੱਲ ਤੂੰ ਆਪ ਹੀ ਜਾਣਦਾ ਹੈਂ । ਸਾਰੀ ਲੁਕਾਈ ਸਦਾ ਤੇਰਾ ਧਿਆਨ ਧਰਦੀ ਹੈ । ਜਿਸ ਨੂੰ ਤੂੰ ਚਾਹੁੰਦਾ ਹੈਂ ਉਸ ਨੂੰ (ਆਪਣੇ ਚਰਨਾਂ ਵਿਚ) ਤੂੰ ਜੋੜ ਲੈਂਦਾ ਹੈਂ । ਉਹ ਮਨੁੱਖ (ਤੇਰੀ ਦਰਗਾਹ ਵਿਚ) ਕਬੂਲ ਹੋ ਜਾਂਦਾ ਹੈ ।੪।੨।੧੩।

ਸੂਹੀ ਮਹਲਾ ੪ ॥ ਜਿਨ ਕੈ ਅੰਤਰਿ ਵਸਿਆ ਮੇਰਾ ਹਰਿ ਹਰਿ ਤਿਨ ਕੇ ਸਭਿ ਰੋਗ ਗਵਾਏ ॥ ਤੇ ਮੁਕਤ ਭਏ ਜਿਨ੍ ਹਰਿ ਨਾਮੁ ਧਿਆਇਆ ਤਿਨ ਪਵਿਤੁ ਪਰਮ ਪਦੁ ਪਾਏ ॥੧॥ ਮੇਰੇ ਰਾਮ ਹਰਿ ਜਨ ਆਰੋਗ ਭਏ ॥ ਗੁਰ ਬਚਨੀ ਜਿਨ੍ਾ ਜਪਿਆ ਮੇਰਾ ਹਰਿ ਹਰਿ ਤਿਨ ਕੇ ਹਉਮੈ ਰੋਗ ਗਏ ॥੧॥ ਰਹਾਉ ॥ ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਰੋਗੀ ਵਿਚਿ ਹਉਮੈ ਕਾਰ ਕਮਾਈ ॥ ਜਿਨਿ ਕੀਏ ਤਿਸਹਿ ਨ ਚੇਤਹਿ ਬਪੁੜੇ ਹਰਿ ਗੁਰਮੁਖਿ ਸੋਝੀ ਪਾਈ ॥੨॥ ਹਉਮੈ ਰੋਗਿ ਸਭੁ ਜਗਤੁ ਬਿਆਪਿਆ ਤਿਨ ਕਉ ਜਨਮ ਮਰਣ ਦੁਖੁ ਭਾਰੀ ॥ ਗੁਰ ਪਰਸਾਦੀ ਕੋ ਵਿਰਲਾ ਛੂਟੈ ਤਿਸੁ ਜਨ ਕਉ ਹਉ ਬਲਿਹਾਰੀ ॥੩॥ ਜਿਨਿ ਸਿਸਟਿ ਸਾਜੀ ਸੋਈ ਹਰਿ ਜਾਣੈ ਤਾ ਕਾ ਰੂਪੁ ਅਪਾਰੋ ॥ ਨਾਨਕ ਆਪੇ ਵੇਖਿ ਹਰਿ ਬਿਗਸੈ ਗੁਰਮੁਖਿ ਬ੍ਰਹਮ ਬੀਚਾਰੋ ॥੪॥੩॥੧੪॥ {ਪੰਨਾ ੭੩੫}

ਪਦ ਅਰਥ :—ਕੈ ਅੰਤਰਿ—ਦੇ ਅੰਦਰ, ਦੇ ਹਿਰਦੇ ਵਿਚ । ਸਭਿ—ਸਾਰੇ । ਤੇ—ਉਹ ਮਨੁੱਖ {ਬਹੁ-ਵਚਨ} । ਮੁਕਤ—ਰੋਗਾਂ ਤੋਂ ਸੁਤੰਤਰ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਪਾਏ—ਪਾਇਆ, ਪਾ ਲਿਆ ।੧।

ਮੇਰੇ ਰਾਮ ਹਰਿ ਜਨ—ਮੇਰੇ ਰਾਮ ਦੇ ਹਰੀ ਦੇ ਜਨ । ਆਰੋਗ—ਰੋਗ-ਰਹਿਤ ।੧।ਰਹਾਉ।

ਮਹਾ ਦੇਉ—ਸ਼ਿਵ । ਤ੍ਰੈ ਗੁਣ—ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਦੇ ਕਾਰਨ । ਕਮਾਈ—ਕੀਤੀ । ਜਿਨਿ—ਜਿਨ (ਪਰਮਾਤਮਾ) ਨੇ । ਤਿਸਹਿ—{ਲਫ਼ਜ਼ ‘ਤਿਸੁ’ ਦਾ ੁ ਕ੍ਰਿਆ ਵਿਸ਼ੇਸ਼ਣ ‘ਹੀ’ ਦੇ ਕਾਰਨ ਉੱਡ ਗਿਆ ਹੈ} ਉਸ ਨੂੰ ਹੀ । ਨ ਚੇਤਹਿ—ਨਹੀਂ ਚੇਤਦੇ । ਬਪੁੜੇ—ਵਿਚਾਰੇ । ਗੁਰਮੁਖਿ—ਗੁਰੂ ਦੀ ਸਰਨ ਪਿਆਂ ।੨।

ਰੋਗਿ—ਰੋਗ ਵਿਚ । ਬਿਆਪਿਆ—ਫਸਿਆ ਹੋਇਆ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਕੋ—ਕੋਈ ਮਨੁੱਖ । ਹਉ—ਹਉਂ, ਮੈਂ । ਬਲਿਹਾਰੀ—ਸਦਕੇ ।੩।

ਸਿਸਟਿ—ਦੁਨੀਆ । ਸਾਜੀ—ਪੈਦਾ ਕੀਤੀ । ਤਾ ਕਾ—ਉਸ (ਪਰਮਾਤਮਾ) ਦਾ । ਅਪਾਰੋ—ਅਪਾਰ, ਜਿਸ ਦਾ ਪਾਰਲਾ ਬੰਨਾ ਨਾਹ ਦਿੱਸੇ । ਆਪੇ—ਆਪ ਹੀ । ਵੇਖਿ—ਵੇਖ ਕੇ । ਵਿਗਸੈ—ਖ਼ੁਸ਼ ਹੁੰਦਾ ਹੈ । ਬ੍ਰਹਮ ਬੀਚਾਰੋ—ਪਰਮਾਤਮਾ ਦੇ ਗੁਣਾਂ ਦੀ ਵਿਚਾਰ ।੪।

ਅਰਥ :—ਹੇ ਭਾਈ! ਮੇਰੇ ਰਾਮ ਦੇ, ਮੇਰੇ ਹਰੀ ਦੇ, ਦਾਸ (ਹਉਮੈ ਆਦਿਕ ਤੋਂ) ਨਰੋਏ ਹੋ ਗਏ ਹਨ । ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਬਚਨਾਂ ਉੱਤੇ ਤੁਰ ਕੇ ਮੇਰੇ ਹਰਿ ਪ੍ਰਭੂ ਦਾ ਨਾਮ ਜਪਿਆ ਉਹਨਾਂ ਦੇ ਹਉਮੈ (ਆਦਿਕ) ਰੋਗ ਦੂਰ ਹੋ ਗਏ ।੧।ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮੇਰਾ ਹਰਿ-ਪ੍ਰਭੂ ਆ ਵੱਸਦਾ ਹੈ, ਉਹਨਾਂ ਦੇ ਉਹ ਹਰੀ ਸਾਰੇ ਰੋਗ ਦੂਰ ਕਰ ਦੇਂਦਾ ਹੈ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ, ਉਹ (ਹਉਮੈ ਆਦਿਕ ਰੋਗਾਂ ਤੋਂ) ਸੁਤੰਤਰ ਹੋ ਗਏ, ਉਹਨਾਂ ਨੇ ਸਭ ਤੋਂ ਉੱਚਾ ਤੇ ਪਵਿਤ੍ਰ ਆਤਮਕ ਦਰਜਾ ਪ੍ਰਾਪਤ ਕਰ ਲਿਆ ।੧।

(ਹੇ ਭਾਈ! ਪੁਰਾਣਾਂ ਦੀਆਂ ਦੱਸੀਆਂ ਸਾਖੀਆਂ ਅਨੁਸਾਰ) ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਦੇ ਕਾਰਨ (ਵੱਡੇ ਦੇਵਤੇ) ਬ੍ਰਹਮਾ, ਵਿਸ਼ਨੂੰ, ਸ਼ਿਵ (ਭੀ) ਰੋਗੀ ਹੀ ਰਹੇ, (ਕਿਉਂਕਿ ਉਹਨਾਂ ਨੇ ਭੀ) ਹਉਮੈ ਵਿਚ ਹੀ ਕਾਰ ਕੀਤੀ । ਜਿਸ ਪਰਮਾਤਮਾ ਨੇ ਉਹਨਾਂ ਨੂੰ ਪੈਦਾ ਕੀਤਾ ਸੀ, ਉਸ ਨੂੰ ਉਹ ਵਿਚਾਰੇ ਚੇਤਦੇ ਨਾਹ ਰਹੇ । ਹੇ ਭਾਈ! ਪਰਮਾਤਮਾ ਦੀ ਸੂਝ (ਤਾਂ) ਗੁਰੂ ਦੀ ਸਰਨ ਪਿਆਂ ਹੀ ਪੈਂਦੀ ਹੈ ।੨।

ਹੇ ਭਾਈ! ਸਾਰਾ ਜਗਤ ਹਉਮੈ ਦੇ ਰੋਗ ਵਿਚ ਫਸਿਆ ਰਹਿੰਦਾ ਹੈ (ਤੇ, ਹਉਮੈ ਵਿਚ ਫਸੇ ਹੋਏ) ਉਹਨਾਂ ਮਨੁੱਖਾਂ ਨੂੰ ਜਨਮ ਮਰਨ ਦੇ ਗੇੜ ਦਾ ਭਾਰਾ ਦੁੱਖ ਲੱਗਾ ਰਹਿੰਦਾ ਹੈ । ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਸ ਹਉਮੈ ਰੋਗ ਤੋਂ) ਖ਼ਲਾਸੀ ਪਾਂਦਾ ਹੈ । ਮੈਂ (ਅਜੇਹੇ) ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ ।੩।

ਹੇ ਭਾਈ! ਜਿਸ ਪਰਮਾਤਮਾ ਨੇ ਇਹ ਸਾਰੀ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਆਪ ਹੀ (ਇਸ ਦੇ ਰੋਗ ਨੂੰ) ਜਾਣਦਾ ਹੈ (ਤੇ, ਦੂਰ ਕਰਦਾ ਹੈ) । ਉਸ ਪਰਮਾਤਮਾ ਦਾ ਸਰੂਪ ਹੱਦ ਬੰਨੇ ਤੋਂ ਪਰੇ ਹੈ । ਹੇ ਨਾਨਕ! ਉਹ ਪਰਮਾਤਮਾ ਆਪ ਹੀ (ਆਪਣੀ ਰਚੀ ਸ੍ਰਿਸ਼ਟੀ ਨੂੰ) ਵੇਖ ਕੇ ਖ਼ੁਸ਼ ਹੁੰਦਾ ਹੈ । ਗੁਰੂ ਦੀ ਸਰਨ ਪੈ ਕੇ ਹੀ ਪਰਮਾਤਮਾ ਦੇ ਗੁਣਾਂ ਦੀ ਸੂਝ ਆਉਂਦੀ ਹੈ ।੪।੩।੧੪।

ਸੂਹੀ ਮਹਲਾ ੪ ॥ ਕੀਤਾ ਕਰਣਾ ਸਰਬ ਰਜਾਈ ਕਿਛੁ ਕੀਚੈ ਜੇ ਕਰਿ ਸਕੀਐ ॥ ਆਪਣਾ ਕੀਤਾ ਕਿਛੂ ਨ ਹੋਵੈ ਜਿਉ ਹਰਿ ਭਾਵੈ ਤਿਉ ਰਖੀਐ ॥੧॥ ਮੇਰੇ ਹਰਿ ਜੀਉ ਸਭੁ ਕੋ ਤੇਰੈ ਵਸਿ ॥ ਅਸਾ ਜੋਰੁ ਨਾਹੀ ਜੇ ਕਿਛੁ ਕਰਿ ਹਮ ਸਾਕਹ ਜਿਉ ਭਾਵੈ ਤਿਵੈ ਬਖਸਿ ॥੧॥ ਰਹਾਉ ॥ ਸਭੁ ਜੀਉ ਪਿੰਡੁ ਦੀਆ ਤੁਧੁ ਆਪੇ ਤੁਧੁ ਆਪੇ ਕਾਰੈ ਲਾਇਆ ॥ ਜੇਹਾ ਤੂੰ ਹੁਕਮੁ ਕਰਹਿ ਤੇਹੇ ਕੋ ਕਰਮ ਕਮਾਵੈ ਜੇਹਾ ਤੁਧੁ ਧੁਰਿ ਲਿਖਿ ਪਾਇਆ ॥੨॥ ਪੰਚ ਤਤੁ ਕਰਿ ਤੁਧੁ ਸ੍ਰਿਸਟਿ ਸਭ ਸਾਜੀ ਕੋਈ ਛੇਵਾ ਕਰਿਉ ਜੇ ਕਿਛੁ ਕੀਤਾ ਹੋਵੈ ॥ ਇਕਨਾ ਸਤਿਗੁਰੁ ਮੇਲਿ ਤੂੰ ਬੁਝਾਵਹਿ ਇਕਿ ਮਨਮੁਖਿ ਕਰਹਿ ਸਿ ਰੋਵੈ ॥੩॥ ਹਰਿ ਕੀ ਵਡਿਆਈ ਹਉ ਆਖਿ ਨ ਸਾਕਾ ਹਉ ਮੂਰਖੁ ਮੁਗਧੁ ਨੀਚਾਣੁ ॥ ਜਨ ਨਾਨਕ ਕਉ ਹਰਿ ਬਖਸਿ ਲੈ ਮੇਰੇ ਸੁਆਮੀ ਸਰਣਾਗਤਿ ਪਇਆ ਅਜਾਣੁ ॥੪॥੪॥੧੫॥੨੪॥ {ਪੰਨਾ ੭੩੬}

ਪਦ ਅਰਥ :—ਰਜਾਈ—ਰਜ਼ਾ ਦੇ ਮਾਲਕ-ਪ੍ਰਭੂ ਨੇ । ਕੀਚੈ—(ਅਸੀ) ਕਰੀਏ । ਭਾਵੈ—ਚੰਗਾ ਲੱਗਦਾ ਹੈ ।੧।

ਵਸਿ—ਵੱਸ ਵਿਚ ।੧।ਰਹਾਉ।

ਜੀਉ—ਜਿੰਦ । ਪਿੰਡੁ—ਸਰੀਰ । ਕਾਰੈ—ਕੰਮ ਵਿਚ । ਕੋ—ਕੋਈ ਜੀਵ । ਧੁਰਿ—ਧੁਰ ਦਰਗਾਹ ਤੋਂ । ਲਿਖਿ—ਲਿਖ ਕੇ ।੨।

ਪੰਚ ਤਤੁ—{ਹਵਾ, ਪਾਣੀ, ਅੱਗ, ਧਰਤੀ, ਆਕਾਸ਼} । ਸਭ—ਸਾਰੀ । ਕਰਿਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਬੇਸ਼ੱਕ ਕਰ ਵੇਖੋ । ਮੇਲਿ—ਮਿਲਾ ਕੇ । ਬੁਝਾਵਹਿ—ਸੂਝ ਬਖ਼ਸ਼ਦਾ ਹੈਂ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਕਰਹਿ—ਤੂੰ ਬਣਾ ਦੇਂਦਾ ਹੈਂ । ਸਿ—ਉਹ ਮਨੁੱਖ {ਇਕ-ਵਚਨ} । ਰੋਵੈ—ਦੁੱਖੀ ਹੁੰਦਾ ਹੈ ।੩।

ਹਉ—ਮੈਂ । ਨੀਚਾਣੁ—ਨੀਵਾਂ । ਮੁਗਧੁ—ਮੂਰਖ । ਕਉ—ਨੂੰ । ਸੁਆਮੀ—ਹੇ ਸੁਆਮੀ! ।੪।

ਅਰਥ :—ਹੇ ਮੇਰੇ ਪ੍ਰਭੂ ਜੀ! ਹਰੇਕ ਜੀਵ ਤੇਰੇ ਵੱਸ ਵਿਚ ਹੈ । ਅਸਾਂ ਜੀਵਾਂ ਵਿਚ ਕੋਈ ਸਮਰਥਾ ਨਹੀਂ ਹੈ ਕਿ (ਤੈਥੋਂ ਬਾਹਰਾ) ਕੁਝ ਕਰ ਸਕੀਏ । ਹੇ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ, ਸਾਡੇ ਉਤੇ ਮੇਹਰ ਕਰ ।੧।ਰਹਾਉ।

ਹੇ ਭਾਈ! ਜੋ ਕੁਝ ਜਗਤ ਵਿਚ ਬਣਿਆ ਹੈ ਜੋ ਕੁਝ ਕਰ ਰਿਹਾ ਹੈ, ਇਹ ਸਭ ਰਜ਼ਾ ਦਾ ਮਾਲਕ ਪਰਮਾਤਮਾ ਕਰ ਰਿਹਾ ਹੈ । ਅਸੀ ਜੀਵ (ਤਾਂ ਹੀ) ਕੁਝ ਕਰੀਏ, ਜੇ ਕਰ ਸਕਦੇ ਹੋਵੀਏ । ਅਸਾਂ ਜੀਵਾਂ ਦਾ ਕੀਤਾ ਕੁਝ ਨਹੀਂ ਹੋ ਸਕਦਾ । ਜਿਵੇਂ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਤਿਵੇਂ ਜੀਵਾਂ ਨੂੰ ਰੱਖਦਾ ਹੈ ।੧।

ਹੇ ਪ੍ਰਭੂ! ਇਹ ਜਿੰਦ, ਇਹ ਸਰੀਰ, ਸਭ ਕੁਝ (ਹਰੇਕ ਜੀਵ ਨੂੰ) ਤੂੰ ਆਪ ਹੀ ਦਿੱਤਾ ਹੈ, ਤੂੰ ਆਪ ਹੀ (ਹਰੇਕ ਜੀਵ ਨੂੰ) ਕੰਮ ਵਿਚ ਲਾਇਆ ਹੋਇਆ ਹੈ । ਜਿਹੋ ਜਿਹਾ ਹੁਕਮ ਤੂੰ ਕਰਦਾ ਹੈਂ, ਜੀਵ ਉਹੋ ਜਿਹਾ ਹੀ ਕੰਮ ਕਰਦਾ ਹੈ (ਜੀਵ ਉਹੋ ਜਿਹਾ ਬਣਦਾ ਹੈ) ਜਿਹੋ ਜਿਹਾ ਤੂੰ ਧੁਰ ਦਰਗਾਹ ਤੋਂ (ਉਸ ਦੇ ਮੱਥੇ ਉਤੇ) ਲੇਖ ਲਿਖ ਕੇ ਰੱਖ ਦਿੱਤਾ ਹੈ ।੨।

ਹੇ ਪ੍ਰਭੂ! ਤੂੰ ਪੰਜ ਤੱਤ ਬਣਾ ਕੇ ਸਾਰੀ ਦੁਨੀਆ ਪੈਦਾ ਕੀਤੀ ਹੈ । ਜੇ (ਤੈਥੋਂ ਬਾਹਰਾ) ਜੀਵ ਪਾਸੋਂ ਕੁਝ ਹੋ ਸਕਦਾ ਹੋਵੇ, ਤਾਂ ਉਹ ਬੇਸ਼ੱਕ ਛੇਵਾਂ ਤੱਤ ਬਣਾ ਕੇ ਵਿਖਾ ਦੇਵੇ । ਹੇ ਪ੍ਰਭੂ! ਕਈ ਜੀਵਾਂ ਨੂੰ ਤੂੰ ਗੁਰੂ ਮਿਲਾ ਕੇ ਆਤਮਕ ਜੀਵਨ ਦੀ ਸੂਝ ਬਖ਼ਸ਼ਦਾ ਹੈਂ । ਕਈ ਜੀਵਾਂ ਨੂੰ ਤੂੰ ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲਾ ਬਣਾ ਦੇਂਦਾ ਹੈਂ । ਫਿਰ ਉਹ (ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ) ਦੁੱਖੀ ਹੁੰਦਾ ਰਹਿੰਦਾ ਹੈ ।੩।

ਹੇ ਭਾਈ! ਮੈਂ (ਤਾਂ) ਮੂਰਖ ਹਾਂ, ਨੀਵੇਂ ਜੀਵਨ ਵਾਲਾ ਹਾਂ, ਮੈਂ ਪਰਮਾਤਮਾ ਦੀ ਬਜ਼ੁਰਗੀ ਬਿਆਨ ਨਹੀਂ ਕਰ ਸਕਦਾ । ਹੇ ਹਰੀ! ਦਾਸ ਨਾਨਕ ਉਤੇ ਮੇਹਰ ਕਰ, (ਇਹ) ਅੰਞਾਣ ਦਾਸ ਤੇਰੀ ਸਰਨ ਆ ਪਿਆ ਹੈ ।੪।੪।੧੫।੨੪।

ਨੋਟ—ਸ਼ਬਦ ਮਹਲਾ ੧ — ੯
. . . . . . ਮਹਲਾ ੪ — ੧੫
. . . . ——
. . . . . ਜੋੜ ੨੪

ਰਾਗੁ ਸੂਹੀ ਮਹਲਾ ੫ ਘਰੁ ੧
ੴ ਸਤਿਗੁਰ ਪ੍ਰਸਾਦਿ ॥ ਬਾਜੀਗਰਿ ਜੈਸੇ ਬਾਜੀ ਪਾਈ ॥ ਨਾਨਾ ਰੂਪ ਭੇਖ ਦਿਖਲਾਈ ॥ ਸਾਂਗੁ ਉਤਾਰਿ ਥੰਮ੍ਹਿਓ ਪਾਸਾਰਾ ॥ ਤਬ ਏਕੋ ਏਕੰਕਾਰਾ ॥੧॥ ਕਵਨ ਰੂਪ ਦ੍ਰਿਸਟਿਓ ਬਿਨਸਾਇਓ ॥ ਕਤਹਿ ਗਇਓ ਉਹੁ ਕਤ ਤੇ ਆਇਓ ॥੧॥ ਰਹਾਉ ॥ ਜਲ ਤੇ ਊਠਹਿ ਅਨਿਕ ਤਰੰਗਾ ॥ ਕਨਿਕ ਭੂਖਨ ਕੀਨੇ ਬਹੁ ਰੰਗਾ ॥ ਬੀਜੁ ਬੀਜਿ ਦੇਖਿਓ ਬਹੁ ਪਰਕਾਰਾ ॥ ਫਲ ਪਾਕੇ ਤੇ ਏਕੰਕਾਰਾ ॥੨॥ ਸਹਸ ਘਟਾ ਮਹਿ ਏਕੁ ਆਕਾਸੁ ॥ ਘਟ ਫੂਟੇ ਤੇ ਓਹੀ ਪ੍ਰਗਾਸੁ ॥ ਭਰਮ ਲੋਭ ਮੋਹ ਮਾਇਆ ਵਿਕਾਰ ॥ ਭ੍ਰਮ ਛੂਟੇ ਤੇ ਏਕੰਕਾਰ ॥੩॥ ਓਹੁ ਅਬਿਨਾਸੀ ਬਿਨਸਤ ਨਾਹੀ ॥ ਨਾ ਕੋ ਆਵੈ ਨਾ ਕੋ ਜਾਹੀ ॥ ਗੁਰਿ ਪੂਰੈ ਹਉਮੈ ਮਲੁ ਧੋਈ ॥ ਕਹੁ ਨਾਨਕ ਮੇਰੀ ਪਰਮ ਗਤਿ ਹੋਈ ॥੪॥੧॥ {ਪੰਨਾ ੭੩੬}

ਪਦ ਅਰਥ :—ਬਾਜੀਗਰਿ—ਬਾਜੀਗਰ ਨੇ । ਨਾਨਾ ਰੂਪ—ਅਨੇਕਾਂ ਰੂਪ । ਸਾਂਗੁ—ਨਕਲੀ ਸ਼ਕਲ । ਉਤਾਰਿ—ਲਾਹ ਕੇ । ਥੰਮ੍ਹਿਓ—ਰੋਕ ਦਿੱਤਾ । ਪਾਸਾਰਾ—ਖੇਡ ਦਾ ਖਿਲਾਰ । ਏਕੰਕਾਰਾ—ਪਰਮਾਤਮਾ ।੧।

ਕਵਨ ਰੂਪ—ਕੇਹੜੇ ਕੇਹੜੇ ਰੂਪ? ਅਨੇਕਾਂ ਰੂਪ । ਦ੍ਰਿਸਟਿਓ—ਦਿੱਸਿਆ । ਬਿਨਸਾਇਓ—ਬਿਨਸਿਓ, ਨਾਸ ਹੋਇਆ । ਕਤਹਿ—ਕਿੱਥੇ? ਉਹੁ—ਜੀਵ । ਕਤ ਤੇ—ਕਿੱਥੋਂ? ।੧।ਰਹਾਉ।

ਤੇ—ਤੋਂ । ਊਠਹਿ—ਉੱਠਦੇ ਹਨ । ਤਰੰਗ—ਲਹਿਰਾਂ । ਕਨਿਕ—ਸੋਨਾ । ਭੂਖਨ—ਗਹਿਣੇ । ਕੀਨੇ—ਬਣਾਏ ਜਾਂਦੇ ਹਨ । ਬੀਜਿ—ਬੀਜ ਕੇ । ਫਲ ਪਾਕੇ ਤੇ—ਫਲ ਪੱਕਣ ਨਾਲ ।੨।

ਸਹਸ—ਹਜ਼ਾਰਾਂ । ਘਟ—ਘੜਾ । ਘਟ ਫੂਟੇ ਤੇ—ਘੜੇ ਟੁੱਟਣ ਨਾਲ । ਭਰਮ—ਭਟਕਣਾ ।੩।

ਅਬਿਨਾਸੀ—ਨਾਸ-ਰਹਿਤ । ਕੋ—ਕੋਈ ਜੀਵ । ਆਵੈ—ਜੰਮਦਾ ਹੈ । ਜਾਹੀ—ਜਾਹਿ, ਜਾਂਦੇ ਹਨ, ਮਰਦੇ ਹਨ । ਗੁਰਿ—ਗੁਰੂ ਨੇ । ਪਰਮ ਗਤਿ—ਉੱਚੀ ਆਤਮਕ ਅਵਸਥਾ ।੪।

ਅਰਥ :—ਹੇ ਭਾਈ! (ਪਰਮਾਤਮਾ ਦੇ) ਅਨੇਕਾਂ ਹੀ ਰੂਪ ਦਿੱਸਦੇ ਰਹਿੰਦੇ ਹਨ, ਅਨੇਕਾਂ ਹੀ ਰੂਪ ਨਾਸ ਹੁੰਦੇ ਰਹਿੰਦੇ ਹਨ । (ਕੋਈ ਨਹੀਂ ਦੱਸ ਸਕਦਾ ਕਿ) ਜੀਵ ਕਿੱਥੋਂ ਆਇਆ ਸੀ, ਤੇ, ਕਿੱਥੇ ਚਲਾ ਜਾਂਦਾ ਹੈ ।੧।ਰਹਾਉ।

ਹੇ ਭਾਈ! ਜਿਵੇਂ ਕਿਸੇ ਬਾਜ਼ੀਗਰ ਨੇ (ਕਦੇ) ਬਾਜ਼ੀ ਪਾ ਕੇ ਵਿਖਾਈ ਹੋਵੇ, ਉਹ ਕਈ ਕਿਸਮਾਂ ਦੇ ਰੂਪ ਤੇ ਭੇਖ ਵਿਖਾਂਦਾ ਹੈ (ਇਸੇ ਤਰ੍ਹਾਂ ਪਰਮਾਤਮਾ ਨੇ ਇਹ ਜਗਤ-ਤਮਾਸ਼ਾ ਰਚਿਆ ਹੋਇਆ ਹੈ । ਇਸ ਵਿਚ ਅਨੇਕਾਂ ਰੂਪ ਭੇਖ ਵਿਖਾ ਰਿਹਾ ਹੈ) । ਜਦੋਂ ਪ੍ਰਭੂ ਆਪਣੀ ਇਹ (ਜਗਤ-ਰੂਪ) ਨਕਲੀ ਸ਼ਕਲ ਲਾਹ ਕੇ ਖੇਡ ਦਾ ਖਿਲਾਰਾ ਰੋਕ ਦੇਂਦਾ ਹੈ, ਤਦੋਂ ਇਕ ਆਪ ਹੀ ਆਪ ਰਹਿ ਜਾਂਦਾ ਹੈ ।੧।

ਹੇ ਭਾਈ! ਪਾਣੀ ਤੋਂ ਅਨੇਕਾਂ ਲਹਿਰਾਂ ਉਠਦੀਆਂ ਹਨ (ਮੁੜ ਪਾਣੀ ਵਿਚ ਰਲ ਜਾਂਦੀਆਂ ਹਨ) । ਸੋਨੇ ਤੋਂ ਕਈ ਕਿਸਮਾਂ ਦੇ ਗਹਿਣੇ ਘੜੇ ਜਾਂਦੇ ਹਨ (ਉਹ ਅਸਲ ਵਿਚ ਸੋਨਾ ਹੀ ਹੁੰਦੇ ਹਨ) । (ਕਿਸੇ ਰੁੱਖ ਦਾ) ਬੀ ਬੀਜ ਕੇ (ਸ਼ਾਖ਼ਾਂ ਪੱਤੇ ਆਦਿਕ ਉਸ ਦਾ) ਕਈ ਕਿਸਮਾਂ ਦਾ ਸਰੂਪ ਵੇਖਣ ਵਿਚ ਆ ਜਾਂਦਾ ਹੈ । (ਰੁੱਖ ਦੇ) ਫਲ ਪੱਕਣ ਤੇ (ਉਹੀ ਪਹਿਲੀ ਕਿਸਮ ਦੇ ਬੀਜ ਬਣ ਜਾਂਦੇ ਹਨ) (ਤਿਵੇਂ ਇਸ ਬਹੁ-ਰੰਗੀ ਸੰਸਾਰ ਦਾ ਅਸਲਾ) ਇਕ ਪਰਮਾਤਮਾ ਹੀ ਹੈ ।੨।

ਹੇ ਭਾਈ! ਇਕੋ ਆਕਾਸ਼ (ਪਾਣੀ ਨਾਲ ਭਰੇ ਹੋਏ) ਹਜ਼ਾਰਾਂ ਘੜਿਆਂ ਵਿਚ (ਵਖ ਵਖ ਦਿੱਸਦਾ ਹੈ) । ਜਦੋਂ ਘੜੇ ਟੁੱਟ ਜਾਂਦੇ ਹਨ, ਤਾਂ ਉਹ (ਆਕਾਸ਼) ਹੀ ਦਿੱਸਦਾ ਰਹਿ ਜਾਂਦਾ ਹੈ । ਮਾਇਆ ਦੇ ਭ੍ਰਮ ਦੇ ਕਾਰਨ (ਪਰਮਾਤਮਾ ਦੀ ਅੰਸ਼ ਜੀਵਾਤਮਾ ਵਿਚ) ਭਟਕਣਾ, ਲੋਭ ਮੋਹ ਆਦਿਕ ਵਿਕਾਰ ਉੱਠਦੇ ਹਨ । ਭ੍ਰਮ ਮਿਟ ਜਾਣ ਨਾਲ ਇਕ ਪਰਮਾਤਮਾ ਦਾ ਹੀ ਰੂਪ ਹੋ ਜਾਂਦਾ ਹੈ ।੩।

ਹੇ ਭਾਈ! ਉਹ ਪਰਮਾਤਮਾ ਨਾਸ-ਰਹਿਤ ਹੈ, ਉਸ ਕਦੇ ਨਾਸ ਨਹੀਂ ਹੁੰਦਾ । (ਉਹ ਪ੍ਰਭੂ ਜੀਵਾਤਮਾ ਰੂਪ ਹੋ ਕੇ ਭੀ) ਨਾਹ ਕੋਈ ਆਤਮਾ ਜੰਮਦਾ ਹੈ, ਨਾਹ ਕੋਈ ਆਤਮਾ ਮਰਦਾ ਹੈ । ਹੇ ਨਾਨਕ! ਆਖ—ਪੂਰੇ ਗੁਰੂ ਨੇ (ਮੇਰੇ ਅੰਦਰੋਂ) ਹਉਮੈ ਦੀ ਮੈਲ ਧੋ ਦਿੱਤੀ ਹੈ, ਹੁਣ ਮੇਰੀ ਉੱਚੀ ਆਤਮਕ ਅਵਸਥਾ ਬਣ ਗਈ ਹੈ (ਤੇ, ਮੈਨੂੰ ਇਹ ਜਗਤ ਉਸ ਪਰਮਾਤਮਾ ਦਾ ਆਪਣਾ ਹੀ ਰੂਪ ਦਿੱਸ ਰਿਹਾ ਹੈ) ।੪।੧।

ਸੂਹੀ ਮਹਲਾ ੫ ॥ ਕੀਤਾ ਲੋੜਹਿ ਸੋ ਪ੍ਰਭ ਹੋਇ ॥ ਤੁਝ ਬਿਨੁ ਦੂਜਾ ਨਾਹੀ ਕੋਇ ॥ ਜੋ ਜਨੁ ਸੇਵੇ ਤਿਸੁ ਪੂਰਨ ਕਾਜ ॥ ਦਾਸ ਅਪੁਨੇ ਕੀ ਰਾਖਹੁ ਲਾਜ ॥੧॥ ਤੇਰੀ ਸਰਣਿ ਪੂਰਨ ਦਇਆਲਾ ॥ ਤੁਝ ਬਿਨੁ ਕਵਨੁ ਕਰੇ ਪ੍ਰਤਿਪਾਲਾ ॥੧॥ ਰਹਾਉ ॥ ਜਲਿ ਥਲਿ ਮਹੀਅਲਿ ਰਹਿਆ ਭਰਪੂਰਿ ॥ ਨਿਕਟਿ ਵਸੈ ਨਾਹੀ ਪ੍ਰਭੁ ਦੂਰਿ ॥ ਲੋਕ ਪਤੀਆਰੈ ਕਛੂ ਨ ਪਾਈਐ ॥ ਸਾਚਿ ਲਗੈ ਤਾ ਹਉਮੈ ਜਾਈਐ ॥੨॥ ਜਿਸ ਨੋ ਲਾਇ ਲਏ ਸੋ ਲਾਗੈ ॥ ਗਿਆਨ ਰਤਨੁ ਅੰਤਰਿ ਤਿਸੁ ਜਾਗੈ ॥ ਦੁਰਮਤਿ ਜਾਇ ਪਰਮ ਪਦੁ ਪਾਏ ॥ ਗੁਰ ਪਰਸਾਦੀ ਨਾਮੁ ਧਿਆਏ ॥੩॥ ਦੁਇ ਕਰ ਜੋੜਿ ਕਰਉ ਅਰਦਾਸਿ ॥ ਤੁਧੁ ਭਾਵੈ ਤਾ ਆਣਹਿ ਰਾਸਿ ॥ ਕਰਿ ਕਿਰਪਾ ਅਪਨੀ ਭਗਤੀ ਲਾਇ ॥ ਜਨ ਨਾਨਕ ਪ੍ਰਭੁ ਸਦਾ ਧਿਆਇ ॥੪॥੨॥ {ਪੰਨਾ 736-737}

ਪਦ ਅਰਥ :—ਕੀਤਾ ਲੋੜਹਿ—ਤੂੰ ਕਰਨਾ ਚਾਹੁੰਦਾ ਹੈਂ । ਪ੍ਰਭ—ਹੇ ਪ੍ਰਭੂ! ਰਾਖਹੁ—ਤੂੰ ਰੱਖਦਾ ਹੈਂ । ਲਾਜ—ਇੱਜ਼ਤ ।੧।

ਦਇਆਲਾ—ਹੇ ਦਇਆ ਦੇ ਘਰ ਪ੍ਰਭੂ! ਕਵਨੁ—ਹੋਰ ਕੌਣ? ।੧।ਰਹਾਉ।

ਜਲਿ—ਪਾਣੀ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ । ਨਿਕਟਿ—ਨੇੜੇ । ਪਤੀਆਰੈ—ਪਤਿਆਣ ਨਾਲ, ਤਸੱਲੀ ਕਰਾਣ ਨਾਲ । ਸਾਚਿ—ਸਦਾ-ਥਿਰ ਪ੍ਰਭੂ ਵਿਚ ।੨।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਗਿਆਨ—ਆਤਮਕ ਜੀਵਨ ਦੀ ਸੂਝ । ਅੰਤਰਿ—ਅੰਦਰ, ਹਿਰਦੇ ਵਿਚ । ਦੁਰਮਤਿ—ਖੋਟੀ ਮਤਿ । ਪਦੁ—ਆਤਮਕ ਦਰਜਾ ।੩।

ਕਰ—ਹੱਥ {ਬਹੁ-ਵਚਨ} । ਜੋੜਿ—ਜੋੜ ਕੇ । ਕਰਉ—ਕਰਉਂ, ਮੈਂ ਕਰਦਾ ਹਾਂ । ਆਣਹਿ—ਤੂੰ ਲਿਆਉਂਦਾ ਹੈਂ । ਆਣਹਿ ਰਾਸਿ—ਤੂੰ ਸਫਲ ਕਰਦਾ ਹੈਂ । ਕਰਿ—ਕਰ ਕੇ ।੪।

ਅਰਥ :—ਹੇ ਸਦਾ ਦਇਆਵਾਨ ਰਹਿਣ ਵਾਲੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ । ਤੈਥੋਂ ਬਿਨਾ ਅਸਾਂ ਜੀਵਾਂ ਦੀ ਪਾਲਣਾ ਹੋਰ ਕੋਈ ਨਹੀਂ ਕਰ ਸਕਦਾ ।੧।ਰਹਾਉ।

ਹੇ ਪ੍ਰਭੂ! ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ । (ਜਗਤ ਵਿਚ) ਉਹੀ ਕੁਝ ਹੁੰਦਾ ਹੈ, (ਕਿਉਂਕਿ) ਤੈਥੋਂ ਬਿਨਾ (ਕੁਝ ਕਰ ਸਕਣ ਵਾਲਾ) ਹੋਰ ਕੋਈ ਨਹੀਂ ਹੈ । ਜੇਹੜਾ ਸੇਵਕ ਤੇਰੀ ਸਰਨ ਆਉਂਦਾ ਹੈ, ਉਸ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ । ਤੂੰ ਆਪਣੇ ਸੇਵਕ ਦੀ ਇੱਜ਼ਤ ਆਪ ਰੱਖਦਾ ਹੈਂ ।੧।

ਹੇ ਭਾਈ! ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ, ਹਰ ਥਾਂ ਪਰਮਾਤਮਾ ਮੌਜੂਦ ਹੈ । (ਹਰੇਕ ਜੀਵ ਦੇ) ਨੇੜੇ ਵੱਸਦਾ ਹੈ (ਕਿਸੇ ਤੋਂ ਭੀ) ਪ੍ਰਭੂ ਦੂਰ ਨਹੀਂ ਹੈ । ਪਰ ਨਿਰਾ ਲੋਕਾਂ ਦੀਆਂ ਨਜ਼ਰਾਂ ਵਿਚ ਚੰਗਾ ਬਣਨ ਨਾਲ (ਉਸ ਪਰਮਾਤਮਾ ਦੇ ਦਰ ਤੋਂ ਆਤਮਕ ਜੀਵਨ ਦੀ ਦਾਤਿ ਦਾ) ਕੁਝ ਭੀ ਨਹੀਂ ਮਿਲਦਾ । ਜਦੋਂ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਹੁੰਦਾ ਹੈ, ਤਦੋਂ (ਇਸ ਦੇ ਅੰਦਰੋਂ) ਹਉਮੈ ਦੂਰ ਹੋ ਜਾਂਦੀ ਹੈ ।੨।

ਹੇ ਭਾਈ! ਉਹੀ ਮਨੁੱਖ ਪ੍ਰਭੂ (ਦੇ ਚਰਨਾਂ) ਵਿਚ ਲੀਨ ਹੁੰਦਾ ਹੈ, ਜਿਸ ਨੂੰ ਪ੍ਰਭੂ ਆਪ (ਆਪਣੇ ਚਰਨਾਂ ਵਿਚ) ਜੋੜਦਾ ਹੈ । ਉਸ ਮਨੁੱਖ ਦੇ ਅੰਦਰ ਰਤਨ (ਵਰਗੀ ਕੀਮਤੀ) ਆਤਮਕ ਜੀਵਨ ਦੀ ਸੂਝ ਉੱਘੜ ਪੈਂਦੀ ਹੈ । (ਉਸ ਮਨੁੱਖ ਦੇ ਅੰਦਰੋਂ) ਖੋਟੀ ਮਤਿ ਦੂਰ ਹੋ ਜਾਂਦੀ ਹੈ, ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ । ਗੁਰੂ ਦੀ ਕਿਰਪਾ ਨਾਲ ਉਹ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ।੩।

ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਤੇਰੇ ਦਰ ਤੇ) ਅਰਦਾਸ ਕਰਦਾ ਹਾਂ । ਜਦੋਂ ਤੈਨੂੰ ਚੰਗਾ ਲੱਗੇ (ਤੇਰੀ ਰਜ਼ਾ ਹੋਵੇ) ਤਦੋਂ ਹੀ ਤੂੰ ਉਸ ਅਰਦਾਸ ਨੂੰ ਸਫਲ ਕਰਦਾ ਹੈਂ । ਹੇ ਭਾਈ! ਕਿਰਪਾ ਕਰ ਕੇ ਪਰਮਾਤਮਾ (ਜਿਸ ਮਨੁੱਖ ਨੂੰ) ਆਪਣੀ ਭਗਤੀ ਵਿਚ ਜੋੜਦਾ ਹੈ, ਉਹ ਉਸ ਨੂੰ ਸਦਾ ਸਿਮਰਦਾ ਰਹਿੰਦਾ ਹੈ ।੪।੨।

ਸੂਹੀ ਮਹਲਾ ੫ ॥ ਧਨੁ ਸੋਹਾਗਨਿ ਜੋ ਪ੍ਰਭੂ ਪਛਾਨੈ ॥ ਮਾਨੈ ਹੁਕਮੁ ਤਜੈ ਅਭਿਮਾਨੈ ॥ ਪ੍ਰਿਅ ਸਿਉ ਰਾਤੀ ਰਲੀਆ ਮਾਨੈ ॥੧॥ ਸੁਨਿ ਸਖੀਏ ਪ੍ਰਭ ਮਿਲਣ ਨੀਸਾਨੀ ॥ ਮਨੁ ਤਨੁ ਅਰਪਿ ਤਜਿ ਲਾਜ ਲੋਕਾਨੀ ॥੧॥ ਰਹਾਉ ॥ ਸਖੀ ਸਹੇਲੀ ਕਉ ਸਮਝਾਵੈ ॥ ਸੋਈ ਕਮਾਵੈ ਜੋ ਪ੍ਰਭ ਭਾਵੈ ॥ ਸਾ ਸੋਹਾਗਣਿ ਅੰਕਿ ਸਮਾਵੈ ॥੨॥ ਗਰਬਿ ਗਹੇਲੀ ਮਹਲੁ ਨ ਪਾਵੈ ॥ ਫਿਰਿ ਪਛੁਤਾਵੈ ਜਬ ਰੈਣਿ ਬਿਹਾਵੈ ॥ ਕਰਮਹੀਣਿ ਮਨਮੁਖਿ ਦੁਖੁ ਪਾਵੈ ॥੩॥ ਬਿਨਉ ਕਰੀ ਜੇ ਜਾਣਾ ਦੂਰਿ ॥ ਪ੍ਰਭੁ ਅਬਿਨਾਸੀ ਰਹਿਆ ਭਰਪੂਰਿ ॥ ਜਨੁ ਨਾਨਕੁ ਗਾਵੈ ਦੇਖਿ ਹਦੂਰਿ ॥੪॥੩॥ {ਪੰਨਾ ੭੩੭}

ਪਦ ਅਰਥ :—ਧਨੁ—ਧਨੁ {ਧੰਞ} ਭਾਗਾਂ ਵਾਲੀ, ਸਲਾਹੁਣ-ਜੋਗ । ਸੋਹਾਗਨਿ—{ਸੌਭਾਗਿਨੀ} ਸੁਹਾਗ-ਭਾਗ ਵਾਲੀ । ਪਛਾਨੈ—ਸਾਂਝ ਪਾਂਦੀ ਹੈ । ਮਾਨੈ—ਮੰਨਦੀ ਹੈ । ਪ੍ਰਿਅ ਸਿਉ—ਪਿਆਰੇ ਨਾਲ । ਰਾਤੀ—ਮਗਨ, ਰੰਗੀ ਹੋਈ । ਰਲੀਆ—ਆਤਮਕ ਆਨੰਦ । ਮਾਨੈ—ਮਾਣਦੀ ਹੈ ।੧।

ਸਖੀਏ—ਹੇ ਸਹੇਲੀ! ਅਰਪਿ—ਭੇਟਾ ਕਰ ਦੇ । ਤਜਿ—ਤਿਆਗ ਕੇ । ਲਾਜ ਲੋਕਾਨੀ—ਲੋਕ ਦੀ ਲਾਜ, ਲੋਕ-ਲਾਜ ਦੀ ਖ਼ਾਤਰ ਕੰਮ ਕਰਨੇ ।੧।ਰਹਾਉ।

ਕਉ—ਨੂੰ । ਪ੍ਰਭ ਭਾਵੈ—ਪ੍ਰਭੂ ਨੂੰ ਚੰਗਾ ਲੱਗੇ । ਸਾ—ਉਹ {ਇਸਤ੍ਰੀ ਲਿੰਗ} । ਅੰਕਿ—ਗੋਦ ਵਿਚ ।੨।

ਗਰਬਿ—ਅਹੰਕਾਰ ਵਿਚ । ਗਹੇਲੀ—ਫਸੀ ਹੋਈ । ਮਹਲੁ—ਟਿਕਾਣਾ । ਰੈਣਿ—(ਜ਼ਿੰਦਗੀ ਦੀ) ਰਾਤ । ਕਰਮ-ਹੀਣਿ—ਮੰਦ-ਭਾਗਣ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ।੩।

ਬਿਨਉ—{ਵਿਨਯ} ਬੇਨਤੀ । ਕਰੀ—ਕਰੀਂ, ਮੈਂ ਕਰਦਾ ਹਾਂ । ਜਾਣਾ—ਜਾਣਾਂ, ਮੈਂ ਸਮਝਾਂ । ਰਹਿਆ ਭਰਪੂਰਿ—ਹਰ ਥਾਂ ਮੌਜੂਦ । ਦੇਖਿ—ਵੇਖ ਕੇ । ਹਜੂਰਿ—ਅੰਗ-ਸੰਗ, ਹਾਜ਼ਰ-ਨਾਜ਼ਰ ।੪।

ਅਰਥ :—ਹੇ ਸਹੇਲੀਏ! ਪਰਮਾਤਮਾ ਨੂੰ ਮਿਲਣ ਦੀ ਨਿਸ਼ਾਨੀ (ਮੈਥੋਂ) ਸੁਣ ਲੈ । (ਉਹ ਨਿਸ਼ਾਨੀ ਉਹ ਤਰੀਕਾ ਇਹ ਹੈ ਕਿ) ਲੋਕ-ਲਾਜ ਦੀ ਖ਼ਾਤਰ ਕੰਮ ਕਰਨੇ ਛੱਡ ਕੇ ਆਪਣਾ ਮਨ ਆਪਣਾ ਸਰੀਰ ਪਰਮਾਤਮਾ ਦੇ ਹਵਾਲੇ ਕਰ ਦੇਹ ।੧।ਰਹਾਉ।

ਹੇ ਸਹੇਲੀਏ! ਉਹ ਜੀਵ-ਇਸਤ੍ਰੀ ਸਲਾਹੁਣ-ਜੋਗ ਹੈ, ਸੁਹਾਗ-ਭਾਗ ਵਾਲੀ ਹੈ, ਜੇਹੜੀ ਪ੍ਰਭੂ-ਪਤੀ ਨਾਲ ਸਾਂਝ ਬਣਾਂਦੀ ਹੈ, ਜੇਹੜੀ ਅਹੰਕਾਰ ਛੱਡ ਕੇ ਪ੍ਰਭੂ-ਪਤੀ ਦਾ ਹੁਕਮ ਮੰਨਦੀ ਰਹਿੰਦੀ ਹੈ । ਉਹ ਜੀਵ-ਇਸਤ੍ਰੀ ਪਭੂ-ਪਤੀ (ਦੇ ਪਿਆਰ-ਰੰਗ) ਵਿਚ ਰੰਗੀ ਹੋਈ ਉਸ ਦੇ ਮਿਲਾਪ ਦਾ ਆਤਮਕ ਆਨੰਦ ਮਾਣਦੀ ਰਹਿੰਦੀ ਹੈ ।੧।

(ਇਕ ਸਤਸੰਗੀ) ਸਹੇਲੀ (ਦੂਜੇ ਸਤਸੰਗੀ) ਸਹੇਲੀ ਨੂੰ (ਪ੍ਰਭੂ-ਪਤੀ ਦੇ ਮਿਲਾਪ ਦੇ ਤਰੀਕੇ ਬਾਰੇ) ਸਮਝਾਂਦੀ ਹੈ (ਤੇ ਆਖਦੀ ਹੈ ਕਿ) ਜੇਹੜੀ ਜੀਵ-ਇਸਤ੍ਰੀ ਉਹੀ ਕੁਝ ਕਰਦੀ ਹੈ ਜੋ ਪ੍ਰਭੂ-ਪਤੀ ਨੂੰ ਪਸੰਦ ਆ ਜਾਂਦਾ ਹੈ, ਉਹ ਸੁਹਾਗ-ਭਾਗ ਵਾਲੀ ਜੀਵ-ਇਸਤ੍ਰੀ ਉਸ ਪ੍ਰਭੂ ਦੇ ਚਰਨਾਂ ਵਿਚ ਲੀਨ ਰਹਿੰਦੀ ਹੈ ।੨।

(ਪਰ) ਜੇਹੜੀ ਜੀਵ-ਇਸਤ੍ਰੀ ਅਹੰਕਾਰ ਵਿਚ ਫਸੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦੇ ਚਰਨਾਂ ਵਿਚ ਥਾਂ ਪ੍ਰਾਪਤ ਨਹੀਂ ਕਰ ਸਕਦੀ । ਜਦੋਂ (ਜ਼ਿੰਦਗੀ ਦੀ) ਰਾਤ ਬੀਤ ਜਾਂਦੀ ਹੈ, ਤਦੋਂ ਉਹ ਪਛੁਤਾਂਦੀ ਹੈ । ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੀ ਉਹ ਮੰਦ-ਭਾਗਣ ਜੀਵ-ਇਸਤ੍ਰੀ ਸਦਾ ਦੁੱਖ ਪਾਂਦੀ ਰਹਿੰਦੀ ਹੈ ।੩।

ਹੇ ਭਾਈ! (ਲੋਕ-ਲਾਜ ਦੀ ਖ਼ਾਤਰ ਮੈਂ ਤਾਂ ਹੀ ਪਰਮਾਤਮਾ ਦੇ ਦਰ ਤੇ) ਅਰਦਾਸ ਕਰਾਂ, ਜੇ ਮੈਂ ਉਸ ਨੂੰ ਕਿਤੇ ਦੂਰ ਵੱਸਦਾ ਸਮਝਾਂ । ਉਹ ਨਾਸ-ਰਹਿਤ ਪਰਮਾਤਮਾ ਤਾਂ ਹਰ ਥਾਂ ਵਿਆਪਕ ਹੈ । ਦਾਸ ਨਾਨਕ (ਤਾਂ ਉਸ ਨੂੰ ਆਪਣੇ) ਅੰਗ-ਸੰਗ (ਵੱਸਦਾ) ਵੇਖ ਕੇ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ।੪।੩।

ਸੂਹੀ ਮਹਲਾ ੫ ॥ ਗ੍ਰਿਹੁ ਵਸਿ ਗੁਰਿ ਕੀਨਾ ਹਉ ਘਰ ਕੀ ਨਾਰਿ ॥ ਦਸ ਦਾਸੀ ਕਰਿ ਦੀਨੀ ਭਤਾਰਿ ॥ ਸਗਲ ਸਮਗ੍ਰੀ ਮੈ ਘਰ ਕੀ ਜੋੜੀ ॥ ਆਸ ਪਿਆਸੀ ਪਿਰ ਕਉ ਲੋੜੀ ॥੧॥ ਕਵਨ ਕਹਾ ਗੁਨ ਕੰਤ ਪਿਆਰੇ ॥ ਸੁਘੜ ਸਰੂਪ ਦਇਆਲ ਮੁਰਾਰੇ ॥੧॥ ਰਹਾਉ ॥ ਸਤੁ ਸੀਗਾਰੁ ਭਉ ਅੰਜਨੁ ਪਾਇਆ ॥ ਅੰਮ੍ਰਿਤ ਨਾਮੁ ਤੰਬੋਲੁ ਮੁਖਿ ਖਾਇਆ ॥ ਕੰਗਨ ਬਸਤ੍ਰ ਗਹਨੇ ਬਨੇ ਸੁਹਾਵੇ ॥ ਧਨ ਸਭ ਸੁਖ ਪਾਵੈ ਜਾਂ ਪਿਰੁ ਘਰਿ ਆਵੈ ॥੨॥ ਗੁਣ ਕਾਮਣ ਕਰਿ ਕੰਤੁ ਰੀਝਾਇਆ ॥ ਵਸਿ ਕਰਿ ਲੀਨਾ ਗੁਰਿ ਭਰਮੁ ਚੁਕਾਇਆ ॥ ਸਭ ਤੇ ਊਚਾ ਮੰਦਰੁ ਮੇਰਾ ॥ ਸਭ ਕਾਮਣਿ ਤਿਆਗੀ ਪ੍ਰਿਉ ਪ੍ਰੀਤਮੁ ਮੇਰਾ ॥੩॥ ਪ੍ਰਗਟਿਆ ਸੂਰੁ ਜੋਤਿ ਉਜੀਆਰਾ ॥ ਸੇਜ ਵਿਛਾਈ ਸਰਧ ਅਪਾਰਾ ॥ ਨਵ ਰੰਗ ਲਾਲੁ ਸੇਜ ਰਾਵਣ ਆਇਆ ॥ ਜਨ ਨਾਨਕ ਪਿਰ ਧਨ ਮਿਲਿ ਸੁਖੁ ਪਾਇਆ ॥੪॥੪॥ {ਪੰਨਾ ੭੩੭}

ਪਦ ਅਰਥ :—ਗ੍ਰਿਹੁ—(ਸਰੀਰ-) ਘਰ । ਵਸਿ—ਵੱਸ ਵਿਚ । ਗੁਰਿ—ਗੁਰੂ ਦੀ ਰਾਹੀਂ । ਹਉ—ਹਉਂ, ਮੈਂ । ਨਾਰਿ—ਇਸਤ੍ਰੀ, ਮਾਲਕਾ । ਦਸ—ਦਸ ਇੰਦ੍ਰੀਆਂ । ਦਾਸੀ—ਦਾਸੀਆਂ, ਨੌਕਰਿਆਣੀਆਂ । ਭਤਾਰਿ—ਖਸਮ-ਪ੍ਰਭੂ ਨੇ । ਸਗਲ—ਸਾਰੀ । ਸਮਗ੍ਰੀ—ਰਾਸਿ-ਪੂੰਜੀ, ਉੱਚੇ ਆਤਮਕ ਗੁਣ । ਕਉ—ਨੂੰ । ਲੋੜੀ—ਲੋੜੀਂ, ਮੈਂ ਲੱਭਦੀ ਹਾਂ ।੧।

ਕਹਾ—ਕਹਾਂ, ਮੈਂ ਆਖਾਂ । ਕੰਤ—ਕੰਤ ਦੇ । ਸੁਘੜ—ਸੁਚੱਜਾ । ਸਰੂਪ—ਸੋਹਣਾ । ਮੁਰਾਰੇ—{ਮੁਰ—ਅਰਿ} ਪਰਮਾਤਮਾ (ਦੇ) ।੧।ਰਹਾਉ।

ਸਤੁ—ਸੁੱਚਾ ਆਚਰਨ । ਅੰਜਨੁ—ਸੁਰਮਾ । ਤੰਬੋਲੁ—ਪਾਨ । ਮੁਖਿ—ਮੂੰਹ ਨਾਲ । ਸੁਹਾਵੇ—ਸੋਹਣੇ । ਧਨ—ਜੀਵ-ਇਸਤ੍ਰੀ । ਜਾਂ—ਜਦੋਂ । ਘਰਿ—ਹਿਰਦੇ-ਘਰ ਵਿਚ ।੧।

ਕਾਮਣ—ਟੂਣੇ । ਕਰਿ—ਬਣਾ ਕੇ । ਰੀਝਾਇਆ—ਖ਼ੁਸ਼ ਕੀਤਾ । ਗੁਰਿ—ਗੁਰੂ ਨੇ । ਭਰਮੁ—ਭਟਕਣਾ । ਤੇ—ਤੋਂ । ਮੰਦਰੁ—ਹਿਰਦਾ-ਘਰ । ਕਾਮਣਿ—ਇਸਤ੍ਰੀ ।੩।

ਸੂਰੁ—ਸੂਰਜ । ਉਜੀਆਰਾ—ਚਾਨਣ । ਸਰਧ—ਸਰਧਾ । ਨਵ ਰੰਗ ਲਾਲੁ—ਨਿੱਤ ਨਵੇਂ ਪਿਆਰ ਵਾਲਾ ਪ੍ਰੀਤਮ । ਸੇਜ—ਹਿਰਦਾ-ਸੇਜ । ਪਿਰ ਮਿਲਿ—ਪਤੀ ਨੂੰ ਮਿਲ ਕੇ । ਧਨ—ਇਸਤ੍ਰੀ (ਨੇ) ।੪।

ਅਰਥ :—(ਹੇ ਸਖੀ!) ਸੁਚੱਜੇ, ਦਇਆਵਾਨ, ਪ੍ਰਭੂ-ਕੰਤ ਦੇ ਮੈਂ ਕੇਹੜੇ ਕੇਹੜੇ ਗੁਣ ਦੱਸਾਂ? ।੧।ਰਹਾਉ।

(ਹੇ ਸਖੀ!) ਉਸ ਖਸਮ-ਪ੍ਰਭੂ ਨੇ ਗੁਰੂ ਦੀ ਰਾਹੀਂ (ਮੇਰਾ) ਸਰੀਰ-ਘਰ (ਮੇਰੇ) ਵੱਸ ਵਿਚ ਕਰ ਦਿੱਤਾ ਹੈ (ਹੁਣ) ਮੈਂ (ਉਸ ਦੀ ਕਿਰਪਾ ਨਾਲ ਇਸ) ਘਰ ਦੀ ਮਾਲਕਾ ਬਣ ਗਈ ਹਾਂ । ਉਸ ਖਸਮ ਨੇ ਦਸਾਂ ਹੀ ਇੰਦ੍ਰਿਆਂ ਨੂੰ ਮੇਰੀਆਂ ਦਾਸੀਆਂ ਬਣਾ ਦਿੱਤਾ ਹੈ । (ਉੱਚੇ ਆਤਮਕ ਗੁਣਾਂ ਦਾ) ਮੈਂ ਆਪਣੇ ਸਰੀਰ-ਘਰ ਦਾ ਸਾਰਾ ਸਾਮਾਨ ਜੋੜ ਕੇ (ਸਜਾ ਕੇ) ਰੱਖ ਦਿੱਤਾ ਹੈ । ਹੁਣ ਮੈਂ ਪ੍ਰਭੂ-ਪਤੀ ਦੇ ਦਰਸਨ ਦੀ ਆਸ ਤੇ ਤਾਂਘ ਵਿਚ ਉਸ ਦੀ ਉਡੀਕ ਕਰ ਰਹੀ ਹਾਂ ।੧।

(ਹੇ ਸਖੀ! ਖਸਮ-ਪ੍ਰਭੂ ਦੀ ਕਿਰਪਾ ਨਾਲ ਹੀ) ਸੁੱਚੇ ਆਚਰਨ ਨੂੰ ਮੈਂ (ਆਪਣੇ ਜੀਵਨ ਦਾ) ਸਿੰਗਾਰ ਬਣਾ ਲਿਆ ਹੈ, ਉਸ ਦੇ ਡਰ-ਅਦਬ (ਦਾ) ਮੈਂ (ਅੱਖਾਂ ਵਿਚ) ਸੁਰਮਾ ਪਾ ਲਿਆ ਹੈ । (ਉਸ ਦੀ ਮੇਹਰ ਨਾਲ ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਪਾਨ ਮੈਂ ਮੂੰਹ ਨਾਲ ਖਾਧਾ ਹੈ । ਹੇ ਸਖੀ! ਜਦੋਂ ਪ੍ਰਭੂ-ਪਤੀ ਹਿਰਦੇ-ਘਰ ਵਿਚ ਆ ਵੱਸਦਾ ਹੈ, ਤਦੋਂ ਜੀਵ-ਇਸਤ੍ਰੀ ਸਾਰੇ ਸੁਖ ਹਾਸਲ ਕਰ ਲੈਂਦੀ ਹੈ, ਉਸ ਦੇ ਕੰਗਣ, ਕੱਪੜੇ, ਗਹਿਣੇ ਸੋਹਣੇ ਲੱਗਣ ਲੱਗ ਪੈਂਦੇ ਹਨ (ਸਾਰੇ ਧਾਰਮਿਕ ਉੱਦਮ ਸਫਲ ਹੋ ਜਾਂਦੇ ਹਨ) ।੨।

ਹੇ ਸਖੀ! ਗੁਰੂ ਨੇ (ਜਿਸ ਜੀਵ-ਇਸਤ੍ਰੀ ਦੀ) ਭਟਕਣਾ ਦੂਰ ਕਰ ਦਿੱਤੀ, ਉਸ ਨੇ ਪ੍ਰਭੂ-ਪਤੀ ਨੂੰ ਆਪਣੇ ਵੱਸ ਵਿਚ ਕਰ ਲਿਆ, ਗੁਣਾਂ ਦੇ ਟੂਣੇ ਬਣਾ ਕੇ ਉਸ ਨੇ ਪ੍ਰਭੂ-ਪਤੀ ਨੂੰ ਖ਼ੁਸ਼ ਕਰ ਲਿਆ । (ਹੇ ਸਖੀ! ਉਸ ਖਸਮ-ਪ੍ਰਭੂ ਦੀ ਕਿਰਪਾ ਨਾਲ ਹੀ) ਮੇਰਾ ਹਿਰਦਾ-ਘਰ ਸਭ (ਵਾਸਨਾਵਾਂ) ਤੋਂ ਉੱਚਾ ਹੋ ਗਿਆ ਹੈ । ਹੋਰ ਸਾਰੀਆਂ ਇਸਤ੍ਰੀਆਂ ਨੂੰ ਛੱਡ ਕੇ ਉਹ ਪ੍ਰੀਤਮ ਮੇਰਾ ਪਿਆਰਾ ਬਣ ਗਿਆ ਹੈ ।੩।

ਹੇ ਸਖੀ! (ਉਸ ਕੰਤ ਦੀ ਕਿਰਪਾ ਨਾਲ ਮੇਰੇ ਅੰਦਰ ਆਤਮਕ ਜੀਵਨ ਦਾ) ਸੂਰਜ ਚੜ੍ਹ ਪਿਆ ਹੈ, (ਆਤਮਕ ਜੀਵਨ ਦੀ) ਜੋਤਿ ਜਗ ਪਈ ਹੈ । ਬੇਅੰਤ ਪ੍ਰਭੂ ਦੀ ਸਰਧਾ ਦੀ ਸੇਜ ਮੈਂ ਵਿਛਾ ਦਿੱਤੀ ਹੈ (ਮੇਰੇ ਹਿਰਦੇ ਵਿਚ ਪ੍ਰਭੂ ਵਾਸਤੇ ਪੂਰੀ ਸਰਧਾ ਬਣ ਗਈ ਹੈ), (ਹੁਣ ਆਪਣੀ ਮੇਹਰ ਨਾਲ ਹੀ) ਉਹ ਨਿੱਤ ਨਵੇਂ ਪਿਆਰ ਵਾਲਾ ਪ੍ਰੀਤਮ ਮੇਰੇ ਹਿਰਦੇ ਦੀ ਸੇਜ ਉਤੇ ਆ ਬੈਠਾ ਹੈ । ਹੇ ਦਾਸ ਨਾਨਕ! (ਆਖ—) ਪ੍ਰਭੂ-ਪਤੀ ਨੂੰ ਮਿਲ ਕੇ ਜੀਵ-ਇਸਤ੍ਰੀ ਆਤਮਕ ਆਨੰਦ ਮਾਣਦੀ ਹੈ ।੪।੪।

ਸੂਹੀ ਮਹਲਾ ੫ ॥ ਉਮਕਿਓ ਹੀਉ ਮਿਲਨ ਪ੍ਰਭ ਤਾਈ ॥ ਖੋਜਤ ਚਰਿਓ ਦੇਖਉ ਪ੍ਰਿਅ ਜਾਈ ॥ ਸੁਨਤ ਸਦੇਸਰੋ ਪ੍ਰਿਅ ਗ੍ਰਿਹਿ ਸੇਜ ਵਿਛਾਈ ॥ ਭ੍ਰਮਿ ਭ੍ਰਮਿ ਆਇਓ ਤਉ ਨਦਰਿ ਨ ਪਾਈ ॥੧॥ ਕਿਨ ਬਿਧਿ ਹੀਅਰੋ ਧੀਰੈ ਨਿਮਾਨੋ ॥ ਮਿਲੁ ਸਾਜਨ ਹਉ ਤੁਝੁ ਕੁਰਬਾਨੋ ॥੧॥ ਰਹਾਉ ॥ ਏਕਾ ਸੇਜ ਵਿਛੀ ਧਨ ਕੰਤਾ ॥ ਧਨ ਸੂਤੀ ਪਿਰੁ ਸਦ ਜਾਗੰਤਾ ॥ ਪੀਓ ਮਦਰੋ ਧਨ ਮਤਵੰਤਾ ॥ ਧਨ ਜਾਗੈ ਜੇ ਪਿਰੁ ਬੋਲੰਤਾ ॥੨॥ ਭਈ ਨਿਰਾਸੀ ਬਹੁਤੁ ਦਿਨ ਲਾਗੇ ॥ ਦੇਸ ਦਿਸੰਤਰ ਮੈ ਸਗਲੇ ਝਾਗੇ ॥ ਖਿਨੁ ਰਹਨੁ ਨ ਪਾਵਉ ਬਿਨੁ ਪਗ ਪਾਗੇ ॥ ਹੋਇ ਕ੍ਰਿਪਾਲੁ ਪ੍ਰਭ ਮਿਲਹ ਸਭਾਗੇ ॥੩॥ ਭਇਓ ਕ੍ਰਿਪਾਲੁ ਸਤਸੰਗਿ ਮਿਲਾਇਆ ॥ ਬੂਝੀ ਤਪਤਿ ਘਰਹਿ ਪਿਰੁ ਪਾਇਆ ॥ ਸਗਲ ਸੀਗਾਰ ਹੁਣਿ ਮੁਝਹਿ ਸੁਹਾਇਆ ॥ ਕਹੁ ਨਾਨਕ ਗੁਰਿ ਭਰਮੁ ਚੁਕਾਇਆ ॥੪॥ ਜਹ ਦੇਖਾ ਤਹ ਪਿਰੁ ਹੈ ਭਾਈ ॥ ਖੋਲ੍ਹਿਓ ਕਪਾਟੁ ਤਾ ਮਨੁ ਠਹਰਾਈ ॥੧॥ ਰਹਾਉ ਦੂਜਾ ॥੫॥ {ਪੰਨਾ ੭੩੭-੭੩੮}

ਪਦ ਅਰਥ :—ਉਮਕਿਓ—ਖ਼ੁਸ਼ੀ ਨਾਲ ਉਛਲ ਪਿਆ ਹੈ । ਹੀਉ—ਹਿਰਦਾ । ਤਾਈ—ਵਾਸਤੇ । ਖੋਜਤ ਚਰਿਓ—ਲੱਭਣ ਚੜ੍ਹ ਪਿਆ ਹੈ । ਦੇਖਉ—ਦੇਖਉਂ, ਮੈਂ ਵੇਖਾਂ । ਪ੍ਰਿਅ ਜਾਈ—ਪਿਆਰੇ (ਦੇ ਰਹਿਣ) ਦੀ ਥਾਂ । ਸਦੇਸਰੋ ਪ੍ਰਿਅ—ਪਿਆਰੇ ਦਾ ਸਨੇਹਾ । ਗ੍ਰਿਹਿ—ਹਿਰਦੇ-ਘਰ ਵਿਚ । ਭ੍ਰਮਿ ਭ੍ਰਮਿ—ਭਟਕ ਭਟਕ ਕੇ । ਤਉ—ਤਾਂ ਭੀ । ਨਦਰਿ—ਮੇਹਰ ਦੀ ਨਿਗਾਹ ।੧।

ਕਿਨ ਬਿਧਿ—ਕਿਨ੍ਹਾਂ ਤਰੀਕਿਆਂ ਨਾਲ? ਹੀਅਰੋ ਨਿਮਾਨੋ—ਇਹ ਵਿਚਾਰਾ ਹਿਰਦਾ । ਸਾਜਨ—ਹੇ ਸਾਜਨ! ਹਉ—ਹਉਂ, ਮੈਂ ।੧।ਰਹਾਉ।

ਧਨ—ਇਸਤ੍ਰੀ । ਪਿਰੁ—ਪਤੀ । ਪੀਓ—ਪੀਤਾ ਹੋਇਆ ਹੈ । ਮਦਰੋ—ਮਦਿਰਾ, ਸ਼ਰਾਬ । ਮਤਵੰਤਾ—ਮਸਤ । ਜਾਗੈ—ਜਾਗ ਪੈਂਦਾ ਹੈ । ਬੋਲੰਤਾ—ਬੁਲਾਂਦਾ ਹੈ, ਸੱਦਦਾ ਹੈ ।੨।

ਨਿਰਾਸੀ—ਉਦਾਸ । ਦਿਸੰਤਰ—ਦੇਸ ਅੰਤਰ । ਦੇਸ ਦਿਸੰਤਰ—ਦੇਸ ਦੇ ਦੇਸ ਅੰਤਰ, ਹੋਰ ਹੋਰ ਦੇਸ । ਝਾਗੇ—ਫਿਰੇ ਹਨ । ਨ ਪਾਵਉ—ਨ ਪਾਵਉਂ, ਮੈਂ ਨਹੀਂ ਲੱਭ ਸਕਦੀ । ਰਹਨੁ—ਟਿਕਾਉ, ਧੀਰਜ । ਪਗ—ਪੈਰ । ਬਿਨੁ ਪਗ ਪਾਗੇ—ਚਰਨਾਂ ਉਤੇ ਪੈਣ ਤੋਂ ਬਿਨਾ । ਪ੍ਰਭ ਮਿਲਹ—ਅਸੀ ਪ੍ਰਭੂ ਨੂੰ ਮਿਲ ਸਕਦੇ ਹਾਂ । ਸਭਾਗੇ—ਭਾਗਾਂ ਵਾਲੇ ।੩।

ਸਤ ਸੰਗਿ—ਸਤ ਸੰਗ ਵਿਚ । ਤਪਤਿ—ਤਪਸ਼, ਸੜਨ । ਘਰਹਿ—ਘਰ ਹੀ, ਘਰ ਵਿਚ ਹੀ । ਮੁਝਹਿ—ਮੈਨੂੰ । ਗੁਰਿ—ਗੁਰੂ ਨੇ । ਚੁਕਾਇਆ—ਦੂਰ ਕਰ ਦਿੱਤਾ ।੪।

ਜਹ—ਜਿੱਥੇ । ਦੇਖਾ—ਦੇਖਾਂ, ਮੈਂ ਵੇਖਦਾ ਹਾਂ । ਭਾਈ—ਹੇ ਭਾਈ! ਕਪਾਟੁ—ਕਵਾੜ, ਭਿੱਤ । ਠਹਰਾਈ—ਟਿਕ ਗਿਆ ਹੈ ।੧।ਰਹਾਉ ਦੂਜਾ।

ਅਰਥ :—ਹੇ ਸੱਜਣ ਪ੍ਰਭੂ! (ਮੈਨੂੰ) ਮਿਲ, ਮੈਂ ਤੈਥੋਂ ਸਦਕੇ ਜਾਂਦੀ ਹਾਂ । (ਤੇਰੇ ਦਰਸਨ ਤੋਂ ਬਿਨਾ) ਮੇਰਾ ਇਹ ਨਿਮਾਣਾ ਦਿਲ ਕਿਵੇਂ ਧੀਰਜ ਫੜੇ? ।੧।ਰਹਾਉ।

ਹੇ ਸਖੀ! ਪਿਆਰੇ ਦਾ ਸਨੇਹਾ ਸੁਣਦਿਆਂ ਮੈਂ ਹਿਰਦੇ-ਘਰ ਵਿਚ ਸੇਜ ਵਿਛਾ ਦਿੱਤੀ । ਮੇਰਾ ਹਿਰਦਾ ਪ੍ਰਭੂ ਨੂੰ ਮਿਲਣ ਵਾਸਤੇ ਖ਼ੁਸ਼ੀ ਨਾਲ ਨੱਚ ਪਿਆ, (ਪ੍ਰਭੂ ਨੂੰ) ਲੱਭਣ ਚੜ੍ਹ ਪਿਆ (ਕਿ) ਮੈਂ ਪਿਆਰੇ ਦੇ ਰਹਿਣ ਦੀ ਥਾਂ (ਕਿਤੇ) ਵੇਖਾਂ । (ਪਰ) ਭਟਕ ਭਟਕ ਕੇ ਮੁੜ ਆਇਆ, ਤਦੋਂ (ਪ੍ਰਭੂ ਦੀ ਮੇਹਰ ਦੀ) ਨਿਗਾਹ ਹਾਸਲ ਨਾਹ ਹੋਈ ।੧।

ਹੇ ਸਖੀ! ਜੀਵ-ਇਸਤ੍ਰੀ ਅਤੇ ਪ੍ਰਭੂ-ਪਤੀ ਦੀ ਇਕੋ ਹੀ ਸੇਜ (ਜੀਵ-ਇਸਤ੍ਰੀ ਦੇ ਹਿਰਦੇ ਵਿਚ) ਵਿਛੀ ਹੋਈ ਹੈ; ਪਰ ਜੀਵ-ਇਸਤ੍ਰੀ (ਸਦਾ ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹੈ, ਪ੍ਰਭੂ-ਪਤੀ ਸਦਾ ਜਾਗਦਾ ਰਹਿੰਦਾ ਹੈ (ਮਾਇਆ ਦੇ ਪ੍ਰਭਾਵ ਤੋਂ ਉਤਾਂਹ ਰਹਿੰਦਾ ਹੈ) ਜੀਵ-ਇਸਤ੍ਰੀ ਇਉਂ ਮਸਤ ਰਹਿੰਦੀ ਹੈ ਜਿਵੇਂ ਇਸ ਨੇ ਸ਼ਰਾਬ ਪੀਤੀ ਹੋਈ ਹੈ । (ਹਾਂ) ਜੀਵ-ਇਸਤ੍ਰੀ ਜਾਗ ਭੀ ਸਕਦੀ ਹੈ, ਜੇ ਪ੍ਰਭੂ-ਪਤੀ (ਆਪ) ਜਗਾਏ ।੨।

ਹੇ ਸਖੀ! (ਉਮਰ ਦੇ) ਬਹੁਤ ਸਾਰੇ ਦਿਨ ਬੀਤ ਗਏ ਹਨ, ਮੈਂ (ਬਾਹਰ) ਹੋਰ ਹੋਰ ਸਾਰੇ ਦੇਸ ਭਾਲ ਵੇਖੇ ਹਨ (ਪਰ ਬਾਹਰ ਪ੍ਰਭੂ-ਪਤੀ ਕਿਤੇ ਲੱਭਾ ਨਹੀਂ ।

ਹੁਣ) ਮੈਂ (ਬਾਹਰ ਭਾਲ ਭਾਲ ਕੇ) ਨਿਰਾਸ ਹੋ ਗਈ ਹਾਂ । ਉਸ ਪ੍ਰਭੂ-ਪਤੀ ਦੇ ਚਰਨਾਂ ਉਤੇ ਪੈਣ ਤੋਂ ਬਿਨਾ ਮੈਨੂੰ ਇਕ ਛਿਨ ਵਾਸਤੇ ਭੀ ਸ਼ਾਂਤੀ ਪ੍ਰਾਪਤ ਨਹੀਂ ਹੁੰਦੀ । (ਹਾਂ, ਹੇ ਸਖੀ!) ਜੇ ਉਹ ਆਪ ਕਿਰਪਾਲ ਹੋਵੇ, ਤਾਂ ਸਹੀ ਜੀਵ-ਇਸਤ੍ਰੀਆਂ ਚੰਗੇ ਭਾਗ ਜਾਗਣ ਨਾਲ ਉਸ ਪ੍ਰਭੂ ਨੂੰ ਮਿਲ ਸਕਦੀਆਂ ਹਾਂ ।੩।

ਹੇ ਨਾਨਕ! ਆਖ—ਪ੍ਰਭੂ ਮੇਰੇ ਉਤੇ ਦਇਆਵਾਨ ਹੋ ਗਿਆ ਹੈ । ਮੈਨੂੰ ਉਸ ਨੇ ਸਤਸੰਗ ਵਿਚ ਮਿਲਾ ਦਿੱਤਾ ਹੈ । ਮੇਰੀ (ਵਿਕਾਰਾਂ ਦੀ) ਤਪਸ਼ ਮਿਟ ਗਈ ਹੈ, ਮੈਂ ਉਸ ਪ੍ਰਭੂ-ਪਤੀ ਨੂੰ ਹਿਰਦੇ-ਘਰ ਵਿਚ ਹੀ ਲੱਭ ਲਿਆ ਹੈ । ਹੁਣ ਮੈਨੂੰ (ਆਪਣੇ) ਸਾਰੇ ਸਿੰਗਾਰ (ਉੱਦਮ) ਸੋਹਣੇ ਲੱਗ ਰਹੇ ਹਨ । ਗੁਰੂ ਨੇ ਮੇਰੀ ਭਟਕਣਾ ਦੂਰ ਕਰ ਦਿੱਤੀ ਹੈ ।੪।

ਹੇ ਭਾਈ! (ਗੁਰੂ ਨੇ ਮੇਰੇ ਅੰਦਰੋਂ) ਭਰਮ ਦਾ ਪਰਦਾ ਲਾਹ ਦਿੱਤਾ ਹੈ, ਮੇਰਾ ਮਨ ਟਿਕ ਗਿਆ ਹੈ । ਹੁਣ ਮੈਂ ਜਿਧਰ ਵੇਖਦਾ ਹਾਂ, ਮੈਨੂੰ ਪ੍ਰਭੂ ਹੀ ਦਿੱਸਦਾ ਹੈ ।੧।ਰਹਾਉ ਦੂਜਾ ।੫।

ਸੂਹੀ ਮਹਲਾ ੫ ॥ ਕਿਆ ਗੁਣ ਤੇਰੇ ਸਾਰਿ ਸਮ੍ਾਲੀ ਮੋਹਿ ਨਿਰਗੁਨ ਕੇ ਦਾਤਾ ਰੇ ॥ ਬੈ ਖਰੀਦੁ ਕਿਆ ਕਰੇ ਚਤੁਰਾਈ ਇਹੁ ਜੀਉ ਪਿੰਡੁ ਸਭੁ ਥਾਰੇ ॥੧॥ ਲਾਲ ਰੰਗੀਲੇ ਪ੍ਰੀਤਮ ਮਨਮੋਹਨ ਤੇਰੇ ਦਰਸਨ ਕਉ ਹਮ ਬਾਰੇ ॥੧॥ ਰਹਾਉ ॥ ਪ੍ਰਭੁ ਦਾਤਾ ਮੋਹਿ ਦੀਨੁ ਭੇਖਾਰੀ ਤੁਮ੍ ਸਦਾ ਸਦਾ ਉਪਕਾਰੇ ॥ ਸੋ ਕਿਛੁ ਨਾਹੀ ਜਿ ਮੈ ਤੇ ਹੋਵੈ ਮੇਰੇ ਠਾਕੁਰ ਅਗਮ ਅਪਾਰੇ ॥੨॥ ਕਿਆ ਸੇਵ ਕਮਾਵਉ ਕਿਆ ਕਹਿ ਰੀਝਾਵਉ ਬਿਧਿ ਕਿਤੁ ਪਾਵਉ ਦਰਸਾਰੇ ॥ ਮਿਤਿ ਨਹੀ ਪਾਈਐ ਅੰਤੁ ਨ ਲਹੀਐ ਮਨੁ ਤਰਸੈ ਚਰਨਾਰੇ ॥੩॥ ਪਾਵਉ ਦਾਨੁ ਢੀਠੁ ਹੋਇ ਮਾਗਉ ਮੁਖਿ ਲਾਗੈ ਸੰਤ ਰੇਨਾਰੇ ॥ ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਪ੍ਰਭਿ ਹਾਥ ਦੇਇ ਨਿਸਤਾਰੇ ॥੪॥੬॥ {ਪੰਨਾ ੭੩੮}

ਪਦ ਅਰਥ :—ਕਿਆ ਗੁਣ—ਕੇਹੜੇ ਕੇਹੜੇ ਗੁਣ? ਸਾਰਿ—ਚੇਤੇ ਕਰ ਕੇ । ਸਮ੍ਾਲੀ—ਸਮ੍ਾਲੀਂ, ਮੈਂ ਹਿਰਦੇ ਵਿਚ ਵਸਾਵਾਂ । ਮੋਹਿ ਦਾਤਾ ਰੇ—ਹੇ ਮੇਰੇ ਦਾਤਾਰ! ਨਿਰਗੁਨ-ਗੁਣ-ਹੀਨ । ਬੈ ਖਰੀਦੁ—ਮੁੱਲ ਲਿਆ ਹੋਇਆ । ਜੀਉ—ਜਿੰਦ । ਪਿੰਡੁ—ਸਰੀਰ । ਸਭੁ—ਸਭ ਕੁਝ । ਥਾਰੇ—ਤੇਰੇ ।੧।

ਰੰਗੀਲੇ—ਹੇ ਚੋਜੀ! ਬਾਰੇ—ਸਦਕੇ ।੧।ਰਹਾਉ।

ਮੋਹਿ—ਮੈਂ । ਦੀਨੁ—ਕੰਗਾਲ । ਭੇਖਾਰੀ—ਮੰਗਤਾ । ਮੈ ਤੇ—ਮੈਥੋਂ । ਠਾਕੁਰ—ਹੇ ਠਾਕੁਰ! ਅਗਮ—ਹੇ ਅਪਹੁੰਚ! ਅਪਾਰੇ—ਹੇ ਬੇਅੰਤ! ।੨।

ਕਮਾਵਉ—ਕਮਾਵਉਂ, ਮੈਂ ਕਰਾਂ । ਕਹਿ—ਆਖ ਕੇ । ਰੀਝਾਵਉ—ਰੀਝਾਵਉਂ, ਮੈਂ ਖ਼ੁਸ਼ ਕਰਾਂ । ਬਿਧਿ ਕਿਤੁ—ਕਿਸ ਤਰੀਕੇ ਨਾਲ? ਪਾਵਉ—ਪਾਵਉਂ । ਮਿਤਿ—ਅੰਦਾਜ਼ਾ, ਮਾਪ ।੩।

ਪਾਵਉ—ਪਾਵਉਂ, ਮੈਂ ਪ੍ਰਾਪਤ ਕਰਾਂ । ਮਾਗਉ—ਮੈਂ ਮੰਗਦਾ ਹਾਂ । ਮੁਖਿ—ਮੂੰਹ ਉਤੇ । ਰੇਨਾਰੇ—ਚਰਨ-ਧੂੜ । ਕਉ—ਨੂੰ । ਗੁਰਿ—ਗੁਰੂ ਨੇ । ਪ੍ਰਭਿ—ਪ੍ਰਭੂ ਨੇ । ਦੇਇ—ਦੇ ਕੇ । ਨਿਸਤਾਰੇ—ਪਾਰ ਲੰਘਾ ਲਿਆ ।੪।

ਅਰਥ :—ਹੇ ਚੋਜੀ ਲਾਲ! ਹੇ ਪ੍ਰੀਤਮ! ਹੇ ਮਨ ਨੂੰ ਮੋਹ ਲੈਣ ਵਾਲੇ! ਅਸੀ ਜੀਵ ਤੇਰੇ ਦਰਸਨ ਤੋਂ ਕੁਰਬਾਨ ਹਾਂ ।੧।ਰਹਾਉ।

ਮੈਂ ਗੁਣ-ਹੀਨ ਦੇ ਹੇ ਦਾਤਾਰ! ਮੈਂ ਤੇਰੇ ਕੇਹੜੇ ਕੇਹੜੇ ਗੁਣ ਚੇਤੇ ਕਰ ਕੇ ਆਪਣੇ ਹਿਰਦੇ ਵਿਚ ਵਸਾਵਾਂ? (ਮੈਂ ਤਾਂ ਤੇਰਾ ਮੁੱਲ-ਖ਼ਰੀਦਿਆ ਸੇਵਕ ਹਾਂ) ਮੁੱਲ-ਖ਼ਰੀਦਿਆ ਨੌਕਰ ਕੋਈ ਚਲਾਕੀ ਦੀ ਗੱਲ ਨਹੀਂ ਕਰ ਸਕਦਾ । (ਹੇ ਦਾਤਾਰ! ਮੇਰਾ) ਇਹ ਸਰੀਰ ਤੇ ਮੇਰੀ ਇਹ ਜਿੰਦ ਸਭ ਤੇਰੇ ਹੀ ਦਿੱਤੇ ਹੋਏ ਹਨ ।੧।

(ਹੇ ਦਾਤਾਰ!) ਤੂੰ ਮਾਲਕ ਹੈਂ, ਦਾਤਾਂ ਦੇਣ ਵਾਲਾ ਹੈਂ, ਮੈਂ (ਤੇਰੇ ਦਰ ਤੇ) ਕੰਗਾਲ ਮੰਗਤਾ ਹਾਂ, ਤੂੰ ਸਦਾ ਹੀ ਤੂੰ ਸਦਾ ਹੀ ਮੇਰੇ ਉਤੇ ਮੇਹਰਬਾਨੀਆਂ ਕਰਦਾ ਹੈਂ । ਹੇ ਮੇਰੇ ਅਪਹੁੰਚ ਅਤੇ ਬੇਅੰਤ ਮਾਲਕ! ਕੋਈ ਐਸਾ ਕੰਮ ਨਹੀਂ ਜੋ (ਤੇਰੀ ਮਦਦ ਤੋਂ ਬਿਨਾ) ਮੈਥੋਂ ਹੋ ਸਕੇ ।੨।

ਹੇ ਪ੍ਰਭੂ! ਮੈਂ ਤੇਰੀ ਕੇਹੜੀ ਸੇਵਾ ਕਰਾਂ? ਮੈਂ ਕੀਹ ਆਖ ਕੇ ਤੈਨੂੰ ਖ਼ੁਸ਼ ਕਰਾਂ? ਮੈਂ ਕਿਸ ਤਰ੍ਹਾਂ ਤੇਰਾ ਦੀਦਾਰ ਹਾਸਲ ਕਰਾਂ? ਤੇਰੀ ਹਸਤੀ ਦਾ ਮਾਪ ਨਹੀਂ ਲੱਭ ਸਕਦਾ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ । ਮੇਰਾ ਮਨ ਸਦਾ ਤੇਰੇ ਚਰਨਾਂ ਵਿਚ ਪਏ ਰਹਿਣ ਨੂੰ ਤਰਸਦਾ ਹੈ ।੩।

ਹੇ ਪ੍ਰਭੂ! ਮੈਂ ਢੀਠ ਹੋ ਕੇ (ਮੁੜ ਮੁੜ, ਤੇਰੇ ਦਰ ਤੋਂ) ਮੰਗਦਾ ਹਾਂ, ਮੈਨੂੰ ਇਹ ਦਾਨ ਮਿਲ ਜਾਏ ਕਿ ਮੇਰੇ ਮੱਥੇ ਉਤੇ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਲੱਗਦੀ ਰਹੇ । ਹੇ ਨਾਨਕ! (ਆਖ—) ਜਿਸ ਦਾਸ ਉਤੇ ਗੁਰੂ ਨੇ ਮੇਹਰ ਕਰ ਦਿੱਤੀ, ਪ੍ਰਭੂ ਨੇ (ਉਸ ਨੂੰ ਆਪਣੇ) ਹੱਥ ਦੇ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ।੪।੬।

ਸੂਹੀ ਮਹਲਾ ੫ ਘਰੁ ੩
ੴ ਸਤਿਗੁਰ ਪ੍ਰਸਾਦਿ ॥ ਸੇਵਾ ਥੋਰੀ ਮਾਗਨੁ ਬਹੁਤਾ ॥ ਮਹਲੁ ਨ ਪਾਵੈ ਕਹਤੋ ਪਹੁਤਾ ॥੧॥ ਜੋ ਪ੍ਰਿਅ ਮਾਨੇ ਤਿਨ ਕੀ ਰੀਸਾ ॥ ਕੂੜੇ ਮੂਰਖ ਕੀ ਹਾਠੀਸਾ ॥੧॥ ਰਹਾਉ ॥ ਭੇਖ ਦਿਖਾਵੈ ਸਚੁ ਨ ਕਮਾਵੈ ॥ ਕਹਤੋ ਮਹਲੀ ਨਿਕਟਿ ਨ ਆਵੈ ॥੨॥ ਅਤੀਤੁ ਸਦਾਏ ਮਾਇਆ ਕਾ ਮਾਤਾ ॥ ਮਨਿ ਨਹੀ ਪ੍ਰੀਤਿ ਕਹੈ ਮੁਖਿ ਰਾਤਾ ॥੩॥ ਕਹੁ ਨਾਨਕ ਪ੍ਰਭ ਬਿਨਉ ਸੁਨੀਜੈ ॥ ਕੁਚਲੁ ਕਠੋਰੁ ਕਾਮੀ ਮੁਕਤੁ ਕੀਜੈ ॥੪॥ ਦਰਸਨ ਦੇਖੇ ਕੀ ਵਡਿਆਈ ॥ ਤੁਮ੍ ਸੁਖਦਾਤੇ ਪੁਰਖ ਸੁਭਾਈ ॥੧॥ ਰਹਾਉ ਦੂਜਾ ॥੧॥੭॥ {ਪੰਨਾ ੭੩੮}

ਪਦ ਅਰਥ :—ਮਾਗਨੁ—ਮੰਗ । ਮਹਲੁ—ਪ੍ਰਭੂ ਦੀ ਹਜ਼ੂਰੀ । ਕਹਤੋ—ਆਖਦਾ ਹੈ । ਪਹੁਤਾ—ਪਹੁੰਚਿਆ ਹੋਇਆ ਹਾਂ ।੧।

ਜੋ—ਜੇਹੜੇ ਮਨੁੱਖ । ਪ੍ਰਿਅ ਮਾਨੇ—ਪਿਆਰੇ ਦੇ ਸਤਕਾਰੇ ਹੋਏ ਹਨ । ਹਾਠੀਸਾ—ਹਠ ਦੀਆਂ ਗੱਲਾਂ ।੧।ਰਹਾਉ।

ਸਚੁ—ਸਦਾ-ਥਿਰ ਹਰਿ-ਨਾਮ ਦਾ ਸਿਮਰਨ । ਮਹਲੀ—ਪ੍ਰਭੂ ਦੇ ਮਹਲ ਦਾ ਵਾਸੀ । ਨਿਕਟਿ—ਨੇੜੇ ।੨।

ਅਤੀਤੁ—ਵਿਰਕਤ, ਤਿਆਗੀ । ਸਦਾਏ—ਅਖਵਾਂਦਾ ਹੈ । ਮਾਤਾ—ਮੱਤਾ ਹੋਇਆ, ਮਸਤ । ਮਨਿ—ਮਨ ਵਿਚ । ਮੁਖਿ—ਮੂੰਹੋਂ । ਰਾਤਾ—ਰੰਗਿਆ ਹੋਇਆ ।੩।

ਨਾਨਕ—ਹੇ ਨਾਨਕ! ਪ੍ਰਭ—ਹੇ ਪ੍ਰਭੂ! ਬਿਨਉ—{ਵਿਨਯ} ਬੇਨਤੀ । ਕੁਚਲੁ—ਗੰਦਾ, ਮੈਲੇ ਆਚਰਨ ਵਾਲਾ । ਕਠੋਰੁ—ਨਿਰਦਈ । ਮੁਕਤੁ ਕੀਜੈ—ਵਿਕਾਰਾਂ ਤੋਂ ਬਚਾ ਲੈ ।੪।

ਦੇਖੇ ਕੀ—ਵੇਖਣ ਦੀ । ਸੁਭਾਈ—ਸੋਹਣਾ ਪਿਆਰ ਕਰਨ ਵਾਲਾ ।੧।ਰਹਾਉ ਦੂਜਾ।

ਅਰਥ :—ਹੇ ਭਾਈ! ਝੂਠੇ ਮੂਰਖ ਮਨੁੱਖ ਦੇ ਹਠ ਦੀ ਗੱਲ (ਸੁਣ) । ਇਹ ਉਹਨਾਂ ਦੀ ਰੀਸ ਕਰਦਾ ਹੈ ਜੇਹੜੇ ਪਿਆਰੇ ਪ੍ਰਭੂ ਦੇ ਦਰ ਤੋਂ ਸਤਕਾਰ ਹਾਸਲ ਕਰ ਚੁਕੇ ਹਨ ।੧।ਰਹਾਉ।

ਹੇ ਭਾਈ! ਇਹ ਮੂਰਖ ਕੰਮ ਤਾਂ ਥੋੜਾ ਕਰਦਾ ਹੈ, ਪਰ ਉਸ ਦੇ ਇਵਜ਼ ਵਿਚ ਇਸ ਦੀ ਮੰਗ ਬਹੁਤ ਜ਼ਿਆਦਾ ਹੈ । ਪ੍ਰਭੂ ਦੇ ਚਰਨਾਂ ਤਕ ਪਹੁੰਚ ਤਾਂ ਹਾਸਲ ਨਹੀਂ ਕਰ ਸਕਦਾ, ਪਰ ਆਖਦਾ ਹੈ ਕਿ ਮੈਂ (ਪ੍ਰਭੂ ਦੀ ਹਜ਼ੂਰੀ ਵਿਚ) ਪਹੁੰਚਿਆ ਹੋਇਆ ਹਾਂ ।੧।

(ਹੇ ਭਾਈ! ਝੂਠਾ ਮੂਰਖ ਹੋਰਨਾਂ ਨੂੰ ਆਪਣੇ ਧਰਮੀ ਹੋਣ ਦੇ ਨਿਰੇ) ਭੇਖ ਵਿਖਾ ਰਿਹਾ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਮਾਈ ਨਹੀਂ ਕਰਦਾ । ਮੂੰਹੋਂ ਆਖਦਾ ਹੈ ਕਿ ਮੈਂ ਹਜ਼ੂਰੀ ਵਿਚ ਪਹੁੰਚਿਆ ਹੋਇਆ ਹਾਂ, ਪਰ (ਪ੍ਰਭੂ-ਚਰਨਾਂ ਦੇ ਕਿਤੇ) ਨੇੜੇ ਭੀ ਨਹੀਂ ਢੁਕਿਆ ।੨।

(ਹੇ ਭਾਈ! ਵੇਖ ਮੂਰਖ ਦੀ ਹਠ ਦੀ ਗੱਲ! ਇਹ ਆਪਣੇ ਆਪ ਨੂੰ) ਤਿਆਗੀ ਅਖਵਾਂਦਾ ਹੈ ਪਰ ਮਾਇਆ (ਦੀ ਲਾਲਸਾ) ਵਿਚ ਮਸਤ ਰਹਿੰਦਾ ਹੈ । (ਇਸ ਦੇ) ਮਨ ਵਿਚ (ਪ੍ਰਭੂ-ਚਰਨਾਂ ਦਾ) ਪਿਆਰ ਨਹੀਂ ਹੈ, ਪਰ ਮੂੰਹੋਂ ਆਖਦਾ ਹੈ ਕਿ ਮੈਂ (ਪ੍ਰਭੂ ਦੇ ਪ੍ਰੇਮ-ਰੰਗ ਵਿਚ) ਰੰਗਿਆ ਹੋਇਆ ਹਾਂ ।੩।

ਹੇ ਨਾਨਕ! ਆਖ—ਹੇ ਪ੍ਰਭੂ! ਮੇਰੀ ਬੇਨਤੀ ਸੁਣ (ਜੀਵ ਵਿਚਾਰਾ ਕੁਝ ਕਰਨ-ਜੋਗਾ ਨਹੀਂ, ਇਹ) ਮੰਦ-ਕਰਮੀ ਹੈ, ਨਿਰਦਈ ਹੈ, ਵਿਸ਼ਈ ਹੈ (ਫਿਰ ਭੀ ਤੇਰਾ) ਹੈ ਇਸ ਨੂੰ ਇਹਨਾਂ ਵਿਕਾਰਾਂ ਤੋਂ ਖ਼ਲਾਸੀ ਬਖ਼ਸ਼ ।੪।

ਹੇ ਪੁਰਖ ਪ੍ਰਭੂ! ਤੂੰ ਸਭ ਸੁਖ ਦੇਣ-ਜੋਗ ਹੈਂ, ਤੂੰ ਪਿਆਰ-ਭਰਪੂਰ ਹੈਂ । (ਅਸਾਂ ਜੀਵਾਂ ਨੂੰ) ਇਹ ਵਡਿਆਈ ਬਖ਼ਸ਼ ਕਿ ਤੇਰਾ ਦਰਸਨ ਕਰ ਸਕੀਏ ।੧।ਰਹਾਉ ਦੂਜਾ ।੧।੭।

ਨੋਟ :—ਨਵੇਂ ਸੰਗ੍ਰਹਿ (ਘਰੁ ੩) ਦਾ ਇਹ ਪਹਿਲਾ ਸ਼ਬਦ ਹੈ । ਕੁੱਲ ਜੋੜ ੭ ਹੈ ।

ਸੂਹੀ ਮਹਲਾ ੫ ॥ ਬੁਰੇ ਕਾਮ ਕਉ ਊਠਿ ਖਲੋਇਆ ॥ ਨਾਮ ਕੀ ਬੇਲਾ ਪੈ ਪੈ ਸੋਇਆ ॥੧॥ ਅਉਸਰੁ ਅਪਨਾ ਬੂਝੈ ਨ ਇਆਨਾ ॥ ਮਾਇਆ ਮੋਹ ਰੰਗਿ ਲਪਟਾਨਾ ॥੧॥ ਰਹਾਉ ॥ ਲੋਭ ਲਹਰਿ ਕਉ ਬਿਗਸਿ ਫੂਲਿ ਬੈਠਾ ॥ ਸਾਧ ਜਨਾ ਕਾ ਦਰਸੁ ਨ ਡੀਠਾ ॥੨॥ ਕਬਹੂ ਨ ਸਮਝੈ ਅਗਿਆਨੁ ਗਵਾਰਾ ॥ ਬਹੁਰਿ ਬਹੁਰਿ ਲਪਟਿਓ ਜੰਜਾਰਾ ॥੧॥ ਰਹਾਉ ॥ ਬਿਖੈ ਨਾਦ ਕਰਨ ਸੁਣਿ ਭੀਨਾ ॥ ਹਰਿ ਜਸੁ ਸੁਨਤ ਆਲਸੁ ਮਨਿ ਕੀਨਾ ॥੩॥ ਦ੍ਰਿਸਟਿ ਨਾਹੀ ਰੇ ਪੇਖਤ ਅੰਧੇ ॥ ਛੋਡਿ ਜਾਹਿ ਝੂਠੇ ਸਭਿ ਧੰਧੇ ॥੧॥ ਰਹਾਉ ॥ ਕਹੁ ਨਾਨਕ ਪ੍ਰਭ ਬਖਸ ਕਰੀਜੈ ॥ ਕਰਿ ਕਿਰਪਾ ਮੋਹਿ ਸਾਧ ਸੰਗੁ ਦੀਜੈ ॥੪॥ ਤਉ ਕਿਛੁ ਪਾਈਐ ਜਉ ਹੋਈਐ ਰੇਨਾ ॥ ਜਿਸਹਿ ਬੁਝਾਏ ਤਿਸੁ ਨਾਮੁ ਲੈਨਾ ॥੧॥ ਰਹਾਉ ॥੨॥੮॥ {ਪੰਨਾ ੭੩੮}

ਪਦ ਅਰਥ :—ਊਠਿ ਖਲੋਇਆ—ਉੱਠ ਕੇ ਖਲੋ ਜਾਂਦਾ ਹੈ, ਛੇਤੀ ਤਿਆਰ ਹੋ ਪੈਂਦਾ ਹੈ । ਬੇਲਾ—ਵੇਲਾ, ਵੇਲੇ । ਪੈ ਪੈ ਸੋਇਆ—ਲੰਮੀਆਂ ਤਾਣ ਕੇ ਪਿਆ ਰਹਿੰਦਾ ਹੈ ।੧।

ਅਉਸਰੁ—ਸਮਾ, ਮੌਕਾ । ਰੰਗਿ—ਰੰਗ ਵਿਚ, ਲਗਨ ਵਿਚ । ਲਪਟਾਨਾ—ਮਸਤ ਰਹਿੰਦਾ ਹੈ ।੧।ਰਹਾਉ।

ਬਿਗਸਿ—ਖ਼ੁਸ ਹੋ ਕੇ । ਫੂਲਿ ਬੈਠਾ—ਫੁੱਲ ਫੁੱਲ ਬੈਠਦਾ ਹੈ ।੨।

ਅਗਿਆਨੁ—ਆਤਮਕ ਜੀਵਨ ਦੀ ਸੂਝ ਤੋਂ ਸੱਖਣਾ । ਗਵਾਰਾ—ਮੂਰਖ । ਬਹੁਰਿ ਬਹੁਰਿ—ਮੁੜ ਮੁੜ । ਜੰਜਾਰਾ—ਜੰਜਾਲਾਂ ਵਿਚ, ਧੰਧਿਆਂ ਵਿਚ ।੧।ਰਹਾਉ।

ਬਿਖੈ ਨਾਦ—ਵਿਸ਼ੇ-ਵਿਕਾਰਾਂ ਵਾਲੇ ਗੀਤ । ਕਰਨ—ਕੰਨਾਂ ਨਾਲ । ਸੁਣਿ—ਸੁਣ ਕੇ । ਭੀਨਾ—ਖ਼ੁਸ਼ ਹੁੰਦਾ ਹੈ । ਸੁਨਤ—ਸੁਣਦਿਆਂ, ਸੁਣਨੋਂ । ਮਨਿ—ਮਨ ਵਿਚ ।੩।

ਰੇ ਅੰਧੇ—ਹੇ ਅੰਨ੍ਹੇ! ਜਾਹਿ—ਜਾਵੇਂਗਾ । ਸਭਿ—ਸਾਰੇ ।੧।ਰਹਾਉ।

ਪ੍ਰਭ—ਹੇ ਪ੍ਰਭੂ! ਬਖਸ—ਕਿਰਪਾ, ਮੇਹਰ । ਕਰਿ—ਕਰ ਕੇ । ਮੋਹਿ—ਮੈਨੂੰ । ਸੰਗੁ—ਸਾਥ ।੪।

ਤਉ—ਤਦੋਂ । ਜਉ—ਜਦੋਂ । ਰੇਨਾ—ਚਰਨ-ਧੂੜ । ਜਿਸਹਿ—ਜਿਸ ਨੂੰ {ਲਫ਼ਜ਼ 'ਜਿਸੁ' ਦਾ _ ਕ੍ਰਿਆ-ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} ।੧।ਰਹਾਉ।

ਅਰਥ :—ਹੇ ਭਾਈ! ਮੂਰਖ ਮਨੁੱਖ ਮੰਦੇ ਕੰਮ ਕਰਨ ਲਈ (ਤਾਂ) ਛੇਤੀ ਤਿਆਰ ਹੋ ਪੈਂਦਾ ਹੈ, ਪਰ ਪਰਮਾਤਮਾ ਦਾ ਨਾਮ ਸਿਮਰਨ ਦੇ ਵੇਲੇ (ਅੰਮ੍ਰਿਤ ਵੇਲੇ) ਲੰਮੀਆਂ ਤਾਣ ਕੇ ਪਿਆ ਰਹਿੰਦਾ ਹੈ (ਬੇ-ਪਰਵਾਹ ਹੋ ਕੇ ਸੁੱਤਾ ਰਹਿੰਦਾ ਹੈ) ।੧।

ਹੇ ਭਾਈ! ਮੂਰਖ ਮਨੁੱਖ ਮਾਇਆ ਦੇ ਮੋਹ ਦੀ ਲਗਨ ਵਿਚ ਮਸਤ ਰਹਿੰਦਾ ਹੈ, ਇਹ ਨਹੀਂ ਸਮਝਦਾ ਕਿ ਇਹ ਮਨੁੱਖਾ ਜੀਵਨ ਹੀ ਆਪਣਾ ਅਸਲ ਮੌਕਾ ਹੈ (ਜਦੋਂ ਪ੍ਰਭੂ ਨੂੰ ਯਾਦ ਕੀਤਾ ਜਾ ਸਕਦਾ ਹੈ) ।੧।ਰਹਾਉ।

ਹੇ ਭਾਈ! (ਅੰਦਰ ਉੱਠ ਰਹੀ) ਲੋਭ ਦੀ ਲਹਿਰ ਦੇ ਕਾਰਨ (ਮਾਇਕ ਲਾਭ ਦੀ ਆਸ ਤੇ) ਖ਼ੁਸ਼ ਹੋ ਕੇ ਫੁੱਲ ਫੁੱਲ ਬੈਠਦਾ ਹੈ, ਕਦੇ ਸੰਤ ਜਨਾਂ ਦਾ ਦਰਸਨ (ਭੀ) ਨਹੀਂ ਕਰਦਾ ।੨।

ਹੇ ਭਾਈ! ਆਤਮਕ ਜੀਵਨ ਦੀ ਸੂਝ ਤੋਂ ਸੱਖਣਾ ਮੂਰਖ ਮਨੁੱਖ (ਆਪਣੇ ਅਸਲ ਭਲੇ ਦੀ ਗੱਲ) ਕਦੇ ਭੀ ਨਹੀਂ ਸਮਝਦਾ, ਮੁੜ ਮੁੜ (ਮਾਇਆ ਦੇ) ਧੰਧਿਆਂ ਵਿਚ ਰੁੱਝਾ ਰਹਿੰਦਾ ਹੈ ।੧।ਰਹਾਉ।

ਹੇ ਭਾਈ! (ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ) ਵਿਸ਼ੇ-ਵਿਕਾਰਾਂ ਦੇ ਗੀਤ ਕੰਨੀਂ ਸੁਣ ਕੇ ਖ਼ੁਸ਼ ਹੁੰਦਾ ਹੈ । ਪਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੋਂ ਮਨ ਵਿਚ ਆਲਸ ਕਰਦਾ ਹੈ ।੩।

ਹੇ ਅੰਨ੍ਹੇ! ਤੂੰ ਅੱਖਾਂ ਨਾਲ (ਕਿਉਂ) ਨਹੀਂ ਵੇਖਦਾ ਕਿ ਇਹ ਸਾਰੇ (ਦੁਨੀਆ ਵਾਲੇ) ਧੰਧੇ ਛੱਡ ਕੇ (ਆਖ਼ਰ ਇਥੋਂ) ਚਲਾ ਜਾਏਂਗਾ? ।੧।ਰਹਾਉ।

ਹੇ ਨਾਨਕ! ਆਖ—ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ । ਕਿਰਪਾ ਕਰ ਕੇ ਮੈਨੂੰ ਗੁਰਮੁਖਾਂ ਦੀ ਸੰਗਤਿ ਬਖ਼ਸ਼ ।੪।

ਹੇ ਭਾਈ! (ਸਾਧ ਸੰਗਤਿ ਵਿਚੋਂ ਭੀ) ਤਦੋਂ ਹੀ ਕੁਝ ਹਾਸਲ ਕਰ ਸਕੀਦਾ ਹੈ, ਜਦੋਂ ਗੁਰਮੁਖਾਂ ਦੇ ਚਰਨਾਂ ਦੀ ਧੂੜ ਬਣ ਜਾਈਏ । ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ (ਚਰਨ-ਧੂੜ ਹੋਣ ਦੀ) ਸੂਝ ਬਖ਼ਸ਼ਦਾ ਹੈ, ਓਹ (ਸਾਧ ਸੰਗਤਿ ਵਿਚ ਟਿਕ ਕੇ ਓਸ ਦਾ) ਨਾਮ ਸਿਮਰਦਾ ਹੈ ।੧।ਰਹਾਉ।੨।੮।

ਸੂਹੀ ਮਹਲਾ ੫ ॥ ਘਰ ਮਹਿ ਠਾਕੁਰੁ ਨਦਰਿ ਨ ਆਵੈ ॥ ਗਲ ਮਹਿ ਪਾਹਣੁ ਲੈ ਲਟਕਾਵੈ ॥੧॥ ਭਰਮੇ ਭੂਲਾ ਸਾਕਤੁ ਫਿਰਤਾ ॥ ਨੀਰੁ ਬਿਰੋਲੈ ਖਪਿ ਖਪਿ ਮਰਤਾ ॥੧॥ ਰਹਾਉ ॥ ਜਿਸੁ ਪਾਹਣ ਕਉ ਠਾਕੁਰੁ ਕਹਤਾ ॥ ਓਹੁ ਪਾਹਣੁ ਲੈ ਉਸ ਕਉ ਡੁਬਤਾ ॥੨॥ ਗੁਨਹਗਾਰ ਲੂਣ ਹਰਾਮੀ ॥ ਪਾਹਣ ਨਾਵ ਨ ਪਾਰਗਿਰਾਮੀ ॥੩॥ ਗੁਰ ਮਿਲਿ ਨਾਨਕ ਠਾਕੁਰੁ ਜਾਤਾ ॥ ਜਲਿ ਥਲਿ ਮਹੀਅਲਿ ਪੂਰਨ ਬਿਧਾਤਾ ॥੪॥੩॥੯॥ {ਪੰਨਾ ੭੩੯}

ਪਦ ਅਰਥ :—ਘਰ ਮਹਿ—ਹਿਰਦੇ-ਘਰ ਵਿਚ । ਪਾਹਣੁ—ਪੱਥਰ, ਪੱਥਰ ਦੀ ਮੂਰਤੀ ।੧।

ਭਰਮੇ—ਭਟਕਣਾ ਵਿਚ (ਪੈ ਕੇ) । ਸਾਕਤੁ—ਪਰਮਾਤਮਾ ਨਾਲੋਂ ਟੁੱਟਾ ਹੋਇਆ । ਨੀਰੁ—ਪਾਣੀ । ਬਿਰੋਲੈ—ਰਿੜਕਦਾ ਹੈ । ਖਪਿ ਖਪਿ—ਵਿਅਰਥ ਮੇਹਨਤ ਕਰ ਕੇ । ਮਰਤਾ—ਆਤਮਕ ਮੌਤ ਸਹੇੜਦਾ ਹੈ ।੧।ਰਹਾਉ।

ਕਉ—ਨੂੰ । ਕਹਤਾ—ਆਖਦਾ ਹੈ ।੨।

ਗੁਨਹਗਾਰ—ਹੇ ਗੁਨਹਗਾਰ! ਹੇ ਪਾਪੀ! ਲੂਣ ਹਰਾਮੀ—ਹੇ ਅਕਿਰਤਘਣ! ਨਾਵ—ਬੇੜੀ । ਪਾਰ ਗਿਰਾਮੀ—ਪਾਰ ਲੰਘਾਣ ਵਾਲੀ ।੩।

ਗੁਰ ਮਿਲਿ—ਗੁਰੂ ਨੂੰ ਮਿਲ ਕੇ । ਜਾਤਾ—ਸਾਂਝ ਪਾਈ । ਜਲਿ—ਪਾਣੀ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਆਕਾਸ਼ ਵਿਚ । ਬਿਧਾਤਾ—ਰਚਣਹਾਰ ਕਰਤਾਰ ।੪।

ਅਰਥ :—ਹੇ ਭਾਈ! ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਤੁਰਿਆ ਫਿਰਦਾ ਹੈ । (ਮੂਰਤੀ ਪੂਜਾ ਕਰ ਕੇ) ਪਾਣੀ (ਹੀ) ਰਿੜਕਦਾ ਹੈ, ਇਹ ਵਿਅਰਥ ਮੇਹਨਤ ਕਰ ਕੇ ਆਤਮਕ ਮੌਤ ਸਹੇੜਦਾ ਰਹਿੰਦਾ ਹੈ ।੧।ਰਹਾਉ।

(ਸਾਕਤ ਨੂੰ ਆਪਣੇ) ਹਿਰਦੇ-ਘਰ ਵਿਚ ਮਾਲਕ-ਪ੍ਰਭੂ (ਵੱਸਦਾ) ਨਹੀਂ ਦਿੱਸਦਾ ਪੱਥਰ (ਦੀ ਮੂਰਤੀ) ਲੈ ਕੇ ਆਪਣੇ ਗਲ ਵਿਚ ਲਟਕਾਈ ਫਿਰਦਾ ਹੈ ।੧।

ਹੇ ਭਾਈ! ਸਾਕਤ ਮਨੁੱਖ ਜਿਸ ਪੱਥਰ ਨੂੰ ਪਰਮਾਤਮਾ ਆਖਦਾ (ਸਮਝਦਾ) ਰਹਿੰਦਾ ਹੈ, ਉਹ ਪੱਥਰ (ਆਪਣੇ) ਉਸ (ਪੁਜਾਰੀ) ਨੂੰ ਭੀ ਲੈ ਕੇ (ਪਾਣੀ ਵਿਚ) ਡੁੱਬ ਜਾਂਦਾ ਹੈ ।੨।

ਹੇ ਪਾਪੀ! ਹੇ ਅਕਿਰਤਘਣ! ਪੱਥਰ ਦੀ ਬੇੜੀ (ਨਦੀ ਤੋਂ) ਪਾਰ ਨਹੀਂ ਲੰਘ ਸਕਦੀ (ਪੱਥਰ ਦੀ ਮੂਰਤੀ ਦੀ ਪੂਜਾ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਾ ਸਕਦੀ) ।੩।

ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ ਮਾਲਕ-ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੈ, ਉਸ ਨੂੰ ਉਹ ਕਰਤਾਰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਵੱਸਦਾ ਦਿੱਸਦਾ ਹੈ ।੪।੩।੯।

ਸੂਹੀ ਮਹਲਾ ੫ ॥ ਲਾਲਨੁ ਰਾਵਿਆ ਕਵਨ ਗਤੀ ਰੀ ॥ ਸਖੀ ਬਤਾਵਹੁ ਮੁਝਹਿ ਮਤੀ ਰੀ ॥੧॥ ਸੂਹਬ ਸੂਹਬ ਸੂਹਵੀ ॥ ਅਪਨੇ ਪ੍ਰੀਤਮ ਕੈ ਰੰਗਿ ਰਤੀ ॥੧॥ ਰਹਾਉ ॥ ਪਾਵ ਮਲੋਵਉ ਸੰਗਿ ਨੈਨ ਭਤੀਰੀ ॥ ਜਹਾ ਪਠਾਵਹੁ ਜਾਂਉ ਤਤੀ ਰੀ ॥੨॥ ਜਪ ਤਪ ਸੰਜਮ ਦੇਉ ਜਤੀ ਰੀ ॥ ਇਕ ਨਿਮਖ ਮਿਲਾਵਹੁ ਮੋਹਿ ਪ੍ਰਾਨਪਤੀ ਰੀ ॥੩॥ ਮਾਣੁ ਤਾਣੁ ਅਹੰਬੁਧਿ ਹਤੀ ਰੀ ॥ ਸਾ ਨਾਨਕ ਸੋਹਾਗਵਤੀ ਰੀ ॥੪॥੪॥੧੦॥ {ਪੰਨਾ ੭੩੯}

ਪਦ ਅਰਥ :—ਲਾਲਨੁ—ਸੋਹਣਾ ਲਾਲ । ਰਾਵਿਆ—ਮਿਲਾਪ ਦਾ ਆਨੰਦ ਮਾਣਿਆ । ਕਵਨ ਗਤੀ—ਕਵਨ ਗਤਿ, ਕਿਸ ਤਰੀਕੇ ਨਾਲ? ਰੀ—ਹੇ ਸਖੀ! ਮੁਝਹਿ—ਮੈਨੂੰ ਹੀ । ਮਤੀ—ਮਤਿ, ਅਕਲ ।੧।

ਸੂਹਬ—ਸੂਹੇ ਰੰਗ ਵਾਲੀਏ । ਕੈ ਰੰਗਿ—ਦੇ ਪ੍ਰੇਮ-ਰੰਗ ਵਿਚ । ਰਤੀ—ਰੰਗੀ ਹੋਈ ।੧।ਰਹਾਉ।

ਪਾਵ—{ਲਫ਼ਜ਼ 'ਪਾਉ' ਤੋਂ ਬਹੁ-ਵਚਨ} ਦੋਵੇਂ ਪੈਰ । ਮਲੋਵਉ—ਮਲੋਵਉਂ, ਮੈਂ ਮਲਾਂਗੀ । ਸੰਗਿ—ਨਾਲ । ਨੈਨ ਭਤੀਰੀ—ਧੀਰੀ, ਪੁਤਲੀ । ਪਠਾਵਹੁ—ਤੂੰ ਭੇਜੇਂ । ਜਾਉ—ਜਾਉਂ, ਮੈਂ ਜਾਵਾਂ । ਤਤੀ—ਤੱੜ੍ਹ ਹੀ, ਉਥੇ ਹੀ ।੨।

ਦੇਉ—ਦੇਉਂ, ਮੈਂ ਦੇ ਦਿਆਂ । ਜਤੀ—ਜਤ । ਨਿਮਖ—ਅੱਖ ਝਮਕਣ ਜਿਤਨਾ ਸਮਾ {ਨਿਮੇ—} । ਮੋਹਿ—ਮੈਨੂੰ ।੩।

ਅਹੰਬੁਧਿ—ਅਹੰਕਾਰ ਵਾਲੀ ਮਤਿ । ਹਤੀ—ਨਾਸ਼ ਕੀਤੀ । ਸਾ—ਉਸ {ਇਸਤ੍ਰੀ ਲਿੰਗ} । ਸੋਹਾਗਵਤੀ—ਖਸਮ ਵਾਲੀ ।੪।

ਅਰਥ :—ਹੇ ਸਖੀ! ਤੇਰੇ ਮੂੰਹ ਉਤੇ ਲਾਲੀ ਭਖ ਰਹੀ ਹੈ, ਤੂੰ ਆਪਣੇ ਪਿਆਰੇ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਹੈਂ ।੧।ਰਹਾਉ।

ਹੇ ਸਖੀ! ਤੂੰ ਕਿਸ ਤਰੀਕੇ ਨਾਲ ਸੋਹਣੇ ਲਾਲ ਦਾ ਮਿਲਾਪ ਪ੍ਰਾਪਤ ਕੀਤਾ ਹੈ? ਹੇ ਸਖੀ! ਮੈਨੂੰ ਭੀ ਉਹ ਅਕਲ ਦੱਸ ।੧।

ਹੇ ਸਖੀ! (ਮੈਨੂੰ ਭੀ ਦੱਸ) ਮੈਂ ਤੇਰੇ ਪੈਰ ਆਪਣੀਆਂ ਅੱਖਾਂ ਦੀਆਂ ਪੁਤਲੀਆਂ ਨਾਲ ਮਲਾਂਗੀ, ਤੂੰ ਮੈਨੂੰ ਜਿਥੇ ਭੀ (ਕਿਸੇ ਕੰਮ) ਭੇਜੇਂਗੀ ਮੈਂ ਉਥੇ ਹੀ (ਖ਼ੁਸ਼ੀ ਨਾਲ) ਜਾਵਾਂਗੀ ।੨।

ਹੇ ਸਖੀ! ਅੱਖ ਝਮਕਣ ਜਿਤਨੇ ਸਮੇ ਵਾਸਤੇ ਹੀ ਤੂੰ ਮੈਨੂੰ ਜਿੰਦ ਦਾ ਮਾਲਕ ਪ੍ਰਭੂ ਮਿਲਾ ਦੇ, ਮੈਂ ਉਸ ਦੇ ਇਵਜ਼ ਵਿਚ ਸਾਰੇ ਜਪ ਤਪ ਸੰਜਮ ਦੇ ਦਿਆਂਗੀ ।੩।

ਹੇ ਨਾਨਕ! ਜੇਹੜੀ ਜੀਵ-ਇਸਤ੍ਰੀ (ਕਿਸੇ ਭੀ ਆਪਣੇ ਮਿਥੇ ਹੋਏ ਪਦਾਰਥ ਜਾਂ ਉੱਦਮ ਆਦਿਕ ਦਾ) ਮਾਣ ਤੇ ਆਸਰਾ ਛੱਡ ਦੇਂਦੀ ਹੈ, ਹਉਮੈ ਵਾਲੀ ਅਕਲ ਤਿਆਗ ਦੇਂਦੀ ਹੈ, ਉਹ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ ।੪।੪।੧੦।

ਸੂਹੀ ਮਹਲਾ ੫ ॥ ਤੂੰ ਜੀਵਨੁ ਤੂੰ ਪ੍ਰਾਨ ਅਧਾਰਾ ॥ ਤੁਝ ਹੀ ਪੇਖਿ ਪੇਖਿ ਮਨੁ ਸਾਧਾਰਾ ॥੧॥ ਤੂੰ ਸਾਜਨੁ ਤੂੰ ਪ੍ਰੀਤਮੁ ਮੇਰਾ ॥ ਚਿਤਹਿ ਨ ਬਿਸਰਹਿ ਕਾਹੂ ਬੇਰਾ ॥੧॥ ਰਹਾਉ ॥ ਬੈ ਖਰੀਦੁ ਹਉ ਦਾਸਰੋ ਤੇਰਾ ॥ ਤੂੰ ਭਾਰੋ ਠਾਕੁਰੁ ਗੁਣੀ ਗਹੇਰਾ ॥੨॥ ਕੋਟਿ ਦਾਸ ਜਾ ਕੈ ਦਰਬਾਰੇ ॥ ਨਿਮਖ ਨਿਮਖ ਵਸੈ ਤਿਨ੍ ਨਾਲੇ ॥੩॥ ਹਉ ਕਿਛੁ ਨਾਹੀ ਸਭੁ ਕਿਛੁ ਤੇਰਾ ॥ ਓਤਿ ਪੋਤਿ ਨਾਨਕ ਸੰਗਿ ਬਸੇਰਾ ॥੪॥੫॥੧੧॥ {ਪੰਨਾ ੭੩੯}

ਪਦ ਅਰਥ :—ਜੀਵਨੁ—ਜ਼ਿੰਦਗੀ, ਜਿੰਦ । ਅਧਾਰਾ—ਆਸਰਾ । ਪੇਖਿ—ਵੇਖ ਕੇ । ਸਾਧਾਰਾ—ਆਸਰਾ ਫੜਦਾ ਹੈ ।੧।

ਚਿਤਹਿ—ਚਿੱਤ ਵਿਚੋਂ । ਕਾਹੂ ਬੇਰਾ—ਕਿਸੇ ਭੀ ਵੇਲੇ ।੧।ਰਹਾਉ।

ਬੈ ਖਰੀਦੁ—ਮੁੱਲ ਲਿਆ ਹੋਇਆ । ਹਉ—ਮੈਂ । ਦਾਸਰੋ—ਨਿਮਾਣਾ ਦਾਸ । ਭਾਰੋ—ਵੱਡਾ । ਗੁਣੀ—ਗੁਣਾਂ ਦਾ ਮਾਲਕ । ਗਹੇਰਾ—ਡੂੰਘਾ, ਡੂੰਘੇ ਜਿਗਰੇ ਵਾਲਾ ।੨।

ਕੋਟਿ—ਕ੍ਰੋੜਾਂ । ਕੈ ਦਰਬਾਰੇ—ਦੇ ਦਰਬਾਰ ਵਿਚ । ਨਿਮਖ ਨਿਮਖ—ਹਰ ਵੇਲੇ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ ।੩।

ਓਤਿ ਪੋਤਿ—ਤਾਣੇ ਪੇਟੇ ਵਾਂਗ । ਓਤ—ਉਣਿਆ ਹੋਇਆ । ਪੋਤ—ਪ੍ਰੋਤਾ ਹੋਇਆ । ਸੰਗਿ—ਨਾਲ ।੪।

ਅਰਥ :—ਹੇ ਪ੍ਰਭੂ! ਤੂੰ ਹੀ ਮੇਰਾ ਸੱਜਣ ਹੈਂ ਤੂੰ ਹੀ ਮੇਰਾ ਪਿਆਰਾ ਹੈਂ (ਮੇਹਰ ਕਰ) ਕਿਸੇ ਭੀ ਵੇਲੇ ਮਨ ਤੋਂ ਨਾਹ ਵਿੱਸਰ ।੧।ਰਹਾਉ।

ਹੇ ਪ੍ਰਭੂ! ਤੂੰ ਹੀ ਮੇਰੀ ਜਿੰਦ ਹੈਂ, ਤੂੰ ਹੀ ਮੇਰੀ ਜਿੰਦ ਦਾ ਸਹਾਰਾ ਹੈਂ । ਤੈਨੂੰ ਹੀ ਵੇਖ ਕੇ ਮੇਰਾ ਮਨ ਧੀਰਜ ਫੜਦਾ ਹੈ ।੧।

ਹੇ ਪ੍ਰਭੂ! ਮੈਂ ਮੁੱਲ ਖ਼ਰੀਦਿਆ ਹੋਇਆ ਤੇਰਾ ਨਿਮਾਣਾ ਜਿਹਾ ਸੇਵਕ ਹਾਂ, ਤੂੰ ਮੇਰਾ ਵੱਡਾ ਮਾਲਕ ਹੈਂ, ਤੂੰ ਸਾਰੇ ਗੁਣਾਂ ਨਾਲ ਭਰਪੂਰ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ ।੨।

ਹੇ ਭਾਈ! ਉਹ ਪ੍ਰਭੂ ਐਸਾ ਹੈ ਕਿ ਕ੍ਰੋੜਾਂ ਸੇਵਕ ਉਸ ਦੇ ਦਰ ਤੇ (ਡਿੱਗੇ ਰਹਿੰਦੇ ਹਨ) ਉਹ ਹਰ ਵੇਲੇ ਉਹਨਾਂ ਦੇ ਨਾਲ ਵੱਸਦਾ ਹੈ ।੩।

ਹੇ ਨਾਨਕ! (ਆਖ—ਹੇ ਪ੍ਰਭੂ!) ਮੇਰੀ ਆਪਣੀ ਪਾਂਇਆਂ ਕੁਝ ਭੀ ਨਹੀਂ, (ਮੇਰੇ ਪਾਸ ਜੋ ਕੁਝ ਭੀ ਹੈ) ਸਭ ਕੁਝ ਤੇਰਾ ਬਖ਼ਸ਼ਿਆ ਹੋਇਆ ਹੈ । ਤਾਣੇ ਪੇਟੇ ਵਾਂਗ ਤੂੰ ਹੀ ਮੇਰੇ ਨਾਲ ਵੱਸਦਾ ਹੈਂ ।੪।੫।੧੧।

ਸੂਹੀ ਮਹਲਾ ੫ ॥ ਸੁਖ ਮਹਲ ਜਾ ਕੇ ਊਚ ਦੁਆਰੇ ॥ ਤਾ ਮਹਿ ਵਾਸਹਿ ਭਗਤ ਪਿਆਰੇ ॥੧॥ ਸਹਜ ਕਥਾ ਪ੍ਰਭ ਕੀ ਅਤਿ ਮੀਠੀ ॥ ਵਿਰਲੈ ਕਾਹੂ ਨੇਤ੍ਰਹੁ ਡੀਠੀ ॥੧॥ ਰਹਾਉ ॥ ਤਹ ਗੀਤ ਨਾਦ ਅਖਾਰੇ ਸੰਗਾ ॥ ਊਹਾ ਸੰਤ ਕਰਹਿ ਹਰਿ ਰੰਗਾ ॥੨॥ ਤਹ ਮਰਣੁ ਨ ਜੀਵਣੁ ਸੋਗੁ ਨ ਹਰਖਾ ॥ ਸਾਚ ਨਾਮ ਕੀ ਅੰਮ੍ਰਿਤ ਵਰਖਾ ॥੩॥ ਗੁਹਜ ਕਥਾ ਇਹ ਗੁਰ ਤੇ ਜਾਣੀ ॥ ਨਾਨਕੁ ਬੋਲੈ ਹਰਿ ਹਰਿ ਬਾਣੀ ॥੪॥੬॥੧੨॥ {ਪੰਨਾ ੭੩੯}

ਪਦ ਅਰਥ :—ਜਾ ਕੇ—ਜਿਸ ਪਰਮਾਤਮਾ ਦੇ । ਤਾ ਮਹਿ—ਉਸ (ਸਹਜ ਅਵਸਥਾ) ਵਿਚ । ਵਾਸਹਿ—ਵੱਸਦੇ ਹਨ ।੧।

ਸਹਜ ਕਥਾ—ਆਤਮਕ ਅਡੋਲਤਾ ਪੈਦਾ ਕਰਨ ਵਾਲੀ ਸਿਫ਼ਤਿ-ਸਾਲਾਹ । ਅਤਿ—ਬਹੁਤ । ਵਿਰਲੈ ਕਾਹੂ—ਕਿਸੇ ਵਿਰਲੇ ਨੇ ਹੀ । ਨੇਤ੍ਰਹੁ—ਅੱਖਾਂ ਨਾਲ ।੧।ਰਹਾਉ।

ਤਹ—ਉਸ (ਸਹਜ ਕਥਾ) ਵਿਚ । ਅਖਾਰੇ—ਅਖਾੜੇ, ਪਹਿਲਵਾਨਾਂ ਦੇ ਘੁਲਣ ਦੇ ਪਿੜ ।੨।

ਹਰਖਾ—ਖ਼ੁਸ਼ੀ । ਸਾਚ—ਸਦਾ-ਥਿਰ ਰਹਿਣ ਵਾਲਾ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ।੩।

ਗੁਹਜ—ਗੁਝ, ਲੁਕੀ ਹੋਈ । ਤੇ—ਤੋਂ, ਪਾਸੋਂ । ਨਾਨਕੁ ਬੋਲੈ—ਨਾਨਕ ਬੋਲਦਾ ਹੈ ।੪।

ਅਰਥ :—ਹੇ ਭਾਈ! ਆਤਮਕ ਅਡੋਲਤਾ ਪੈਦਾ ਕਰਨ ਵਾਲੀ ਪ੍ਰਭੂ ਦੀ ਸਿਫ਼ਤਿ-ਸਾਲਾਹ ਬੜੀ ਹੀ ਸੁਆਦਲੀ ਹੈ, ਪਰ ਕਿਸੇ ਵਿਰਲੇ ਹੀ ਮਨੁੱਖ ਨੇ ਉਸ ਨੂੰ ਅੱਖੀਂ ਵੇਖਿਆ ਹੈ (ਮਾਣਿਆ ਹੈ) ।੧।ਰਹਾਉ।

ਹੇ ਭਾਈ! ਉਸ (ਆਤਮਕ ਅਡੋਲਤਾ ਪੈਦਾ ਕਰਨ ਵਾਲੀ ਸਿਫ਼ਤਿ-ਸਾਲਾਹ) ਵਿਚ ਉਸ ਪਰਮਾਤਮਾ ਦੇ ਪਿਆਰੇ ਭਗਤ (ਹੀ) ਵੱਸਦੇ ਹਨ ਜਿਸ ਪਰਮਾਤਮਾ ਦੇ ਮਹਲ ਆਨੰਦ-ਭਰਪੂਰ ਹਨ, ਤੇ ਜਿਸ ਦੇ ਦਰਵਾਜ਼ੇ ਉੱਚੇ ਹਨ (ਭਾਵ, ਉਥੇ ਆਤਮਕ ਆਨੰਦ ਤੋਂ ਬਿਨਾ ਹੋਰ ਕਿਸੇ ਵਿਕਾਰ ਆਦਿਕ ਦੀ ਪਹੁੰਚ ਨਹੀਂ ਹੈ) ।੧।

ਹੇ ਭਾਈ! ਆਤਮਕ ਅਡੋਲਤਾ ਪੈਦਾ ਕਰਨ ਵਾਲੀ ਉਸ ਸਿਫ਼ਤਿ-ਸਾਲਾਹ ਵਿਚ (ਮਾਨੋ) ਗੀਤ ਤੇ ਰਾਗ ਹੋ ਰਹੇ ਹੁੰਦੇ ਹਨ (ਉਸ ਵਿਚ, ਮਾਨੋ) ਪਿੜ ਬੱਝੇ ਹੁੰਦੇ ਹਨ (ਜਿੱਥੇ ਕਾਮਾਦਿਕ ਪਹਿਲਵਾਨਾਂ ਨਾਲ ਟਾਕਰਾ ਕਰਨ ਦੀ ਜਾਚ ਸਿੱਖੀਦੀ ਹੈ) । ਉਸ ਸਿਫ਼ਤਿ-ਸਾਲਾਹ ਵਿਚ ਜੁੜ ਕੇ ਸੰਤ ਜਨ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦੇ ਹਨ ।੨।

ਹੇ ਭਾਈ! ਸਿਫ਼ਤਿ-ਸਾਲਾਹ ਵਿਚ ਜੁੜਿਆਂ ਜਨਮ ਮਰਨ ਦਾ ਗੇੜ ਨਹੀਂ ਰਹਿੰਦਾ, ਖ਼ੁਸ਼ੀ ਗ਼ਮੀ ਨਹੀਂ ਪੋਹ ਸਕਦੀ । ਉਸ ਅਵਸਥਾ ਵਿਚ ਸਦਾ-ਥਿਰ ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਹੁੰਦੀ ਰਹਿੰਦੀ ਹੈ ।੩।

ਹੇ ਭਾਈ! (ਸਿਫ਼ਤਿ-ਸਾਲਾਹ ਬਾਰੇ) ਇਹ ਭੇਤ ਦੀ ਗੱਲ (ਨਾਨਕ ਨੇ) ਗੁਰੂ ਪਾਸੋਂ ਸਮਝੀ ਹੈ (ਤਾਹੀਏਂ) ਨਾਨਕ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ ।੪।੬।੧੨।

ਸੂਹੀ ਮਹਲਾ ੫ ॥ ਜਾ ਕੈ ਦਰਸਿ ਪਾਪ ਕੋਟਿ ਉਤਾਰੇ ॥ ਭੇਟਤ ਸੰਗਿ ਇਹੁ ਭਵਜਲੁ ਤਾਰੇ ॥੧॥ ਓਇ ਸਾਜਨ ਓਇ ਮੀਤ ਪਿਆਰੇ ॥ ਜੋ ਹਮ ਕਉ ਹਰਿ ਨਾਮੁ ਚਿਤਾਰੇ ॥੧॥ ਰਹਾਉ ॥ ਜਾ ਕਾ ਸਬਦੁ ਸੁਨਤ ਸੁਖ ਸਾਰੇ ॥ ਜਾ ਕੀ ਟਹਲ ਜਮਦੂਤ ਬਿਦਾਰੇ ॥੨॥ ਜਾ ਕੀ ਧੀਰਕ ਇਸੁ ਮਨਹਿ ਸਧਾਰੇ ॥ ਜਾ ਕੈ ਸਿਮਰਣਿ ਮੁਖ ਉਜਲਾਰੇ ॥੩॥ ਪ੍ਰਭ ਕੇ ਸੇਵਕ ਪ੍ਰਭਿ ਆਪਿ ਸਵਾਰੇ ॥ ਸਰਣਿ ਨਾਨਕ ਤਿਨ੍ਹ ਸਦ ਬਲਿਹਾਰੇ ॥੪॥੭॥੧੩॥ {ਪੰਨਾ ੭੩੯}

ਪਦ ਅਰਥ :—ਜਾ ਕੈ ਦਰਸਿ—ਜਿਨ੍ਹਾਂ ਦੇ ਦਰਸਨ ਨਾਲ । ਕੋਟਿ—ਕ੍ਰੋੜਾਂ । ਭੇਟਤ ਸੰਗਿ—(ਜਿਨ੍ਹਾਂ ਦੇ ਚਰਨਾਂ) ਨਾਲ ਛੁਹਿਆਂ । ਭਵਜਲੁ—ਸੰਸਾਰ-ਸਮੁੰਦਰ ।੧।

ਓਇ—ਉਹ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਹਮ ਕਉ—ਅਸਾਨੂੰ, ਮੈਨੂੰ । ਚਿਤਾਰੇ—ਚੇਤੇ ਕਰਾਂਦੇ ਹਨ ।੧। ਰਹਾਉ।

ਜਾ ਕਾ ਸਬਦੁ—ਜਿਨ੍ਹਾਂ ਦਾ ਬਚਨ । ਬਿਦਾਰੇ—ਨਾਸ ਹੋ ਜਾਂਦੇ ਹਨ ।੨।

ਧੀਰਕ—ਧੀਰਜ । ਮਨਹਿ—ਮਨ ਨੂੰ । ਸਧਾਰੇ—ਸਹਾਰਾ ਦੇਂਦੀ ਹੈ । ਜਾ ਕੈ ਸਿਮਰਣਿ—ਜਿਨ੍ਹਾਂ ਦੇ (ਦਿੱਤੇ ਹੋਏ ਹਰਿ-ਨਾਮ ਦੇ) ਸਿਮਰਨ ਨਾਲ । ਉਜਲਾਰੇ—ਉਜਲਾ, ਰੌਸ਼ਨ ।੩।

ਪ੍ਰਭਿ—ਪ੍ਰਭੂ ਨੇ । ਸਵਾਰੇ—ਸੋਹਣੇ ਜੀਵਨ ਵਾਲੇ ਬਣਾਏ ਹਨ । ਸਦ—ਸਦਾ ।੪।

ਅਰਥ :—ਹੇ ਭਾਈ! ਜੇਹੜੇ (ਸੰਤ ਜਨ) ਮੈਨੂੰ ਪਰਮਾਤਮਾ ਦਾ ਨਾਮ ਚੇਤੇ ਕਰਾਂਦੇ ਹਨ ਉਹ (ਹੀ) ਮੇਰੇ ਸੱਜਣ ਹਨ, ਉਹ (ਹੀ) ਮੇਰੇ ਪਿਆਰੇ ਮਿੱਤਰ ਹਨ ।੧।ਰਹਾਉ।

ਹੇ ਭਾਈ! (ਉਹ ਸੰਤ ਜਨ ਹੀ ਮੇਰੇ ਪਿਆਰੇ ਮਿੱਤਰ ਹਨ) ਜਿਨ੍ਹਾਂ ਦੇ ਦਰਸਨ ਨਾਲ ਕ੍ਰੋੜਾਂ ਪਾਪ ਲਹਿ ਜਾਂਦੇ ਹਨ, (ਜਿਨ੍ਹਾਂ ਦੇ ਚਰਨਾਂ) ਨਾਲ ਛੁਹਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ।੧।

ਹੇ ਭਾਈ! (ਉਹੀ ਹਨ ਮੇਰੇ ਮਿੱਤਰ) ਜਿਨ੍ਹਾਂ ਦਾ ਬਚਨ ਸੁਣਦਿਆਂ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ, ਜਿਨ੍ਹਾਂ ਦੀ ਟਹਲ ਕੀਤਿਆਂ ਜਮਦੂਤ (ਭੀ) ਨਾਸ ਹੋ ਜਾਂਦੇ ਹਨ ।੨।

ਹੇ ਭਾਈ! (ਉਹੀ ਹਨ ਮੇਰੇ ਮਿੱਤਰ) ਜਿਨ੍ਹਾਂ ਦੀ (ਦਿੱਤੀ ਹੋਈ) ਧੀਰਜ (ਮੇਰੇ) ਇਸ ਮਨ ਨੂੰ ਸਹਾਰਾ ਦੇਂਦੀ ਹੈ, ਜਿਨ੍ਹਾਂ (ਦੇ ਦਿੱਤੇ ਹੋਏ ਹਰਿ-ਨਾਮ) ਦੇ ਸਿਮਰਨ ਨਾਲ (ਲੋਕ ਪਰਲੋਕ ਵਿਚ) ਮੂੰਹ ਉਜਲਾ ਹੁੰਦਾ ਹੈ ।੩।

ਹੇ ਨਾਨਕ! ਪ੍ਰਭੂ ਨੇ ਆਪ ਹੀ ਆਪਣੇ ਸੇਵਕਾਂ ਦਾ ਜੀਵਨ ਸੋਹਣਾ ਬਣਾ ਦਿੱਤਾ ਹੈ । ਹੇ ਭਾਈ! ਉਹਨਾਂ ਸੇਵਕਾਂ ਦੀ ਸਰਨ ਪੈਣਾ ਚਾਹੀਦਾ ਹੈ, ਉਹਨਾਂ ਤੋਂ ਸਦਾ ਕੁਰਬਾਨ ਹੋਣਾ ਚਾਹੀਦਾ ਹੈ ।੪।੭।੧੩।

ਸੂਹੀ ਮਹਲਾ ੫ ॥ ਰਹਣੁ ਨ ਪਾਵਹਿ ਸੁਰਿ ਨਰ ਦੇਵਾ ॥ ਊਠਿ ਸਿਧਾਰੇ ਕਰਿ ਮੁਨਿ ਜਨ ਸੇਵਾ ॥੧॥ ਜੀਵਤ ਪੇਖੇ ਜਿਨ੍ਹੀ ਹਰਿ ਹਰਿ ਧਿਆਇਆ ॥ ਸਾਧ ਸੰਗਿ ਤਿਨ੍ਹੀ ਦਰਸਨੁ ਪਾਇਆ ॥੧॥ ਰਹਾਉ ॥ ਬਾਦਿਸਾਹ ਸਾਹ ਵਾਪਾਰੀ ਮਰਨਾ ॥ ਜੋ ਦੀਸੈ ਸੋ ਕਾਲਹਿ ਖਰਨਾ ॥੨॥ ਕੂੜੈ ਮੋਹਿ ਲਪਟਿ ਲਪਟਾਨਾ ॥ ਛੋਡਿ ਚਲਿਆ ਤਾ ਫਿਰਿ ਪਛੁਤਾਨਾ ॥੩॥ ਕ੍ਰਿਪਾ ਨਿਧਾਨ ਨਾਨਕ ਕਉ ਕਰਹੁ ਦਾਤਿ ॥ ਨਾਮੁ ਤੇਰਾ ਜਪੀ ਦਿਨੁ ਰਾਤਿ ॥੪॥੮॥੧੪॥ {ਪੰਨਾ ੭੪੦}

ਪਦ ਅਰਥ :—ਰਹਣੁ—ਸਦਾ ਦਾ ਟਿਕਾਣਾ । ਨ ਪਾਵਹਿ—ਨਹੀਂ ਹਾਸਲ ਕਰ ਸਕਦੇ । ਸੁਰਿ ਨਰ—ਦੈਵੀ ਮਨੁੱਖ । ਦੇਵਾ—ਦੇਵਤੇ । ਊਠਿ ਸਿਧਾਰੇ—ਉੱਠ ਕੇ ਤੁਰ ਪਏ । ਕਰਿ—ਕਰ ਕੇ ।੧।

ਜੀਵਤ—ਜੀਊਂਦੇ, ਆਤਮਕ ਜੀਵਨ ਵਾਲੇ । ਪੇਖੇ—ਵੇਖੇ ਹਨ । ਸੰਗਿ—ਸੰਗਤਿ ਵਿਚ । ਤਿਨ੍ਹੀ—ਉਹਨਾਂ ਨੇ ਹੀ ।੧।ਰਹਾਉ।

ਸਾਹ—ਸ਼ਾਹ । ਦੀਸੈ—ਦਿੱਸਦਾ ਹੈ । ਸੋ—ਉਸ ਨੂੰ । ਕਾਲਹਿ—ਕਾਲ ਨੇ । ਖਰਨਾ—ਲੈ ਜਾਣਾ ਹੈ ।੨।

ਮੋਹਿ—ਮੋਹਿ ਵਿਚ । ਛੋਡਿ—ਛੱਡ ਕੇ ।੩।

ਕ੍ਰਿਪਾ ਨਿਧਾਨ—ਹੇ ਕਿਰਪਾ ਦੇ ਖ਼ਜ਼ਾਨੇ! ਜਪੀ—ਜਪੀਂ, ਮੈਂ ਜਪਦਾ ਰਹਾਂ ।੪।

ਅਰਥ :—ਹੇ ਭਾਈ! ਆਤਮਕ ਜੀਵਨ ਵਾਲੇ (ਸਫਲ ਜੀਵਨ ਵਾਲੇ ਸਿਰਫ਼ ਉਹੀ) ਵੇਖੇ ਜਾਂਦੇ ਹਨ ਜਿਨ੍ਹਾਂ ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹਨਾਂ ਨੇ ਹੀ ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਦਰਸਨ ਕੀਤਾ ਹੈ ।੧।ਰਹਾਉ।

ਹੇ ਭਾਈ! (ਅਨੇਕਾਂ ਮਨੁੱਖ ਆਪਣੇ ਆਪ ਨੂੰ) ਦੈਵੀ ਮਨੁੱਖ, ਦੇਵਤੇ (ਅਖਵਾ ਗਏ, ਅਨੇਕਾਂ ਆਪਣੇ ਆਪ ਨੂੰ) ਰਿਸ਼ੀ ਮੁਨੀ (ਅਖਵਾ ਗਏ, ਅਨੇਕਾਂ ਹੀ ਉਹਨਾਂ ਦੀ) ਸੇਵਾ ਕਰ ਕੇ (ਜਗਤ ਤੋਂ ਆਖ਼ਰ ਆਪੋ ਆਪਣੀ ਵਾਰੀ) ਚਲੇ ਜਾਂਦੇ ਰਹੇ, (ਕੋਈ ਭੀ ਇਥੇ) ਸਦਾ ਲਈ ਟਿਕੇ ਨਹੀਂ ਰਹਿ ਸਕਦੇ ।੧।

ਹੇ ਭਾਈ! ਸ਼ਾਹ, ਵਪਾਰੀ, ਬਾਦਸ਼ਾਹ (ਸਭਨਾਂ ਨੇ ਆਖ਼ਰ) ਮਰਨਾ ਹੈ । ਜੇਹੜਾ ਭੀ ਕੋਈ (ਇਥੇ) ਦਿੱਸਦਾ ਹੈ, ਹਰੇਕ ਨੂੰ ਮੌਤ ਨੇ ਲੈ ਜਾਣਾ ਹੈ ।੨।

ਹੇ ਭਾਈ! ਮਨੁੱਖ ਝੂਠੇ ਮੋਹ ਵਿਚ ਸਦਾ ਫਸਿਆ ਰਹਿੰਦਾ ਹੈ (ਤੇ, ਪਰਮਾਤਮਾ ਨੂੰ ਭੁਲਾਈ ਰੱਖਦਾ ਹੈ, ਪਰ ਜਦੋਂ ਦੁਨੀਆ ਦੇ ਪਦਾਰਥ) ਛੱਡ ਕੇ ਤੁਰਦਾ ਹੈ, ਤਾਂ ਤਦੋਂ ਪਛੁਤਾਂਦਾ ਹੈ ।੩।

ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! (ਮੈਨੂੰ) ਨਾਨਕ ਨੂੰ (ਇਹ) ਦਾਤਿ ਦੇਹ (ਕਿ) ਮੈਂ (ਨਾਨਕ) ਦਿਨ ਰਾਤ ਤੇਰਾ ਨਾਮ ਜਪਦਾ ਰਹਾਂ ।੪।੮।੧੪।

ਸੂਹੀ ਮਹਲਾ ੫ ॥ ਘਟ ਘਟ ਅੰਤਰਿ ਤੁਮਹਿ ਬਸਾਰੇ ॥ ਸਗਲ ਸਮਗ੍ਰੀ ਸੂਤਿ ਤੁਮਾਰੇ ॥੧॥ ਤੂੰ ਪ੍ਰੀਤਮ ਤੂੰ ਪ੍ਰਾਨ ਅਧਾਰੇ ॥ ਤੁਮ ਹੀ ਪੇਖਿ ਪੇਖਿ ਮਨੁ ਬਿਗਸਾਰੇ ॥੧॥ ਰਹਾਉ ॥ ਅਨਿਕ ਜੋਨਿ ਭ੍ਰਮਿ ਭ੍ਰਮਿ ਭ੍ਰਮਿ ਹਾਰੇ ॥ ਓਟ ਗਹੀ ਅਬ ਸਾਧ ਸੰਗਾਰੇ ॥੨॥ ਅਗਮ ਅਗੋਚਰੁ ਅਲਖ ਅਪਾਰੇ ॥ ਨਾਨਕੁ ਸਿਮਰੈ ਦਿਨੁ ਰੈਨਾਰੇ ॥੩॥੯॥੧੫॥ {ਪੰਨਾ 740}

ਪਦ ਅਰਥ :—ਘਟ—ਸਰੀਰ । ਘਟ ਘਟ ਅੰਤਰਿ—ਹਰੇਕ ਸਰੀਰ ਵਿਚ । ਤੁਮਹਿ—ਤੁਮ ਹੀ, ਤੂੰ ਹੀ । ਬਸਾਰੇ—ਵੱਸ ਰਿਹਾ ਹੈਂ । ਸਗਲ ਸਮਗ੍ਰੀ—ਸਾਰੀਆਂ ਚੀਜ਼ਾਂ । ਸੂਤਿ—ਧਾਗੇ ਵਿਚ ।੧।

ਪ੍ਰਾਨ ਅਧਾਰੇ—ਜਿੰਦ ਦਾ ਆਸਰਾ । ਪੇਖਿ—ਵੇਖ ਕੇ । ਬਿਗਸਾਰੇ—ਖਿੜਦਾ ਹੈ ।੧।ਰਹਾਉ।

ਭ੍ਰਮਿ—ਭਟਕ ਕੇ । ਹਾਰੇ—ਥੱਕ ਜਾਂਦੇ ਹਨ । ਗਹੀ—ਫੜੀ । ਅਬ—ਹੁਣ, ਮਨੁੱਖਾ ਜਨਮ ਵਿਚ ।੨।

ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਾਹ ਹੋ ਸਕੇ । ਅਪਾਰੇ—ਬੇਅੰਤ । ਨਾਨਕ ਸਿਮਰੈ—ਨਾਨਕ ਸਿਮਰਦਾ ਹੈ । ਰੈਨਾਰੇ—ਰਾਤ ।੩।

ਅਰਥ :—ਹੇ ਪ੍ਰਭੂ! ਤੂੰ ਸਾਡਾ ਪ੍ਰੀਤਮ ਹੈਂ, ਤੂੰ ਸਾਡੀ ਜਿੰਦ ਦਾ ਆਸਰਾ ਹੈਂ । ਤੈਨੂੰ ਹੀ ਵੇਖ ਵੇਖ ਕੇ (ਸਾਡਾ) ਮਨ ਖ਼ੁਸ਼ ਹੁੰਦਾ ਹੈ ।੧।ਰਹਾਉ।

ਹੇ ਪ੍ਰਭੂ! ਹਰੇਕ ਸਰੀਰ ਵਿਚ ਤੂੰ ਹੀ ਵੱਸਦਾ ਹੈਂ, (ਦੁਨੀਆ ਦੀਆਂ) ਸਾਰੀਆਂ ਚੀਜ਼ਾਂ ਤੇਰੀ ਹੀ ਮਰਯਾਦਾ ਦੇ ਧਾਗੇ ਵਿਚ (ਪ੍ਰੋਤੀਆਂ ਹੋਈਆਂ) ਹਨ ।੧।

ਹੇ ਪ੍ਰਭੂ! (ਤੈਥੋਂ ਵਿਛੁੜ ਕੇ ਜੀਵ) ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ ਥੱਕ ਜਾਂਦੇ ਹਨ । ਮਨੁੱਖਾ ਜਨਮ ਵਿਚ ਆ ਕੇ (ਤੇਰੀ ਮੇਹਰ ਨਾਲ) ਸਾਧ ਸੰਗਤਿ ਦਾ ਆਸਰਾ ਲੈਂਦੇ ਹਨ ।੨।

ਹੇ ਭਾਈ! (ਸਾਧ ਸੰਗਤਿ ਦੀ ਬਰਕਤਿ ਨਾਲ) ਨਾਨਕ ਦਿਨ ਰਾਤ ਉਸ ਪਰਮਾਤਮਾ ਦਾ ਨਾਮ ਸਿਮਰਦਾ ਹੈ ਜੋ ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜੋ ਮਨੁੱਖ ਦੀ ਸਮਝ ਤੋਂ ਪਰੇ ਹੈ, ਅਤੇ ਜੋ ਬੇਅੰਤ ਹੈ ।੩।੯।੧੫।

ਸੂਹੀ ਮਹਲਾ ੫ ॥ ਕਵਨ ਕਾਜ ਮਾਇਆ ਵਡਿਆਈ ॥ ਜਾ ਕਉ ਬਿਨਸਤ ਬਾਰ ਨ ਕਾਈ ॥੧॥ ਇਹੁ ਸੁਪਨਾ ਸੋਵਤ ਨਹੀ ਜਾਨੈ ॥ ਅਚੇਤ ਬਿਵਸਥਾ ਮਹਿ ਲਪਟਾਨੈ ॥੧॥ ਰਹਾਉ ॥ ਮਹਾ ਮੋਹਿ ਮੋਹਿਓ ਗਾਵਾਰਾ ॥ ਪੇਖਤ ਪੇਖਤ ਊਠਿ ਸਿਧਾਰਾ ॥੨॥ ਊਚ ਤੇ ਊਚ ਤਾ ਕਾ ਦਰਬਾਰਾ ॥ ਕਈ ਜੰਤ ਬਿਨਾਹਿ ਉਪਾਰਾ ॥੩॥ ਦੂਸਰ ਹੋਆ ਨਾ ਕੋ ਹੋਈ ॥ ਜਪਿ ਨਾਨਕ ਪ੍ਰਭ ਏਕੋ ਸੋਈ ॥੪॥੧੦॥੧੬॥ {ਪੰਨਾ 740}

ਪਦ ਅਰਥ :—ਕਵਨ ਕਾਜ—ਕਿਸ ਕੰਮ? ਕਉ—ਜਿਸ (ਮਾਇਆ) ਨੂੰ । ਬਾਰ—ਦੇਰ । ਕਾਈ ਬਾਰ—ਕੋਈ ਭੀ ਦੇਰ ।੧।

ਜਾਨੈ—ਜਾਣਦਾ, ਸਮਝਦਾ । ਅਚੇਤ—ਗ਼ਾਫ਼ਲ । ਬਿਵਸਥਾ—ਹਾਲਤ । ਲਪਟਾਨੈ—ਚੰਬੜਿਆ ਰਹਿੰਦਾ ਹੈ ।੧।ਰਹਾਉ।

ਮੋਹਿ—ਮੋਹ ਵਿਚ । ਮੋਹਿਓ—ਮੋਹਿਆ ਰਹਿੰਦਾ ਹੈ, ਮਸਤ ਰਹਿੰਦਾ ਹੈ । ਗਾਵਾਰਾ—ਮੂਰਖ । ਸਿਧਾਰਾ—ਤੁਰ ਪੈਂਦਾ ਹੈ ।੨।

ਤਾ ਕਾ—ਉਸ (ਪਰਮਾਤਮਾ) ਦਾ । ਬਿਨਾਹਿ—ਨਾਸ ਕਰ ਕੇ । ਉਪਾਰਾ—ਪੈਦਾ ਕਰਦਾ ਹੈ ।੩।

ਕੋ—ਕੋਈ । ਹੋਈ—ਹੋਵੇਗਾ ।੪।

ਅਰਥ :—ਹੇ ਭਾਈ! ਇਹ (ਜਗਤ ਇਉਂ ਹੈ, ਜਿਵੇਂ) ਸੁਪਨਾ (ਹੁੰਦਾ) ਹੈ, (ਸੁਪਨੇ ਵਿਚ) ਸੁੱਤਾ ਹੋਇਆ ਮਨੁੱਖ (ਇਹ) ਨਹੀਂ ਜਾਣਦਾ (ਕਿ ਮੈਂ ਸੁੱਤਾ ਪਿਆ ਹਾਂ, ਤੇ ਸੁਪਨਾ ਵੇਖ ਰਿਹਾ ਹਾਂ । ਇਸੇ ਤਰ੍ਹਾਂ ਮਨੁੱਖ ਜਗਤ ਦੇ ਮੋਹ ਵਾਲੀ) ਗ਼ਾਫ਼ਲ ਹਾਲਤ ਵਿਚ (ਜਗਤ ਦੇ ਮੋਹ ਨਾਲ) ਚੰਬੜਿਆ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਜਿਸ ਮਾਇਆ ਦੇ ਨਾਸ ਹੁੰਦਿਆਂ ਰਤਾ ਚਿਰ ਨਹੀਂ ਲੱਗਦਾ, ਉਸ ਮਾਇਆ ਦੇ ਕਾਰਨ ਮਿਲੀ ਵਡਿਆਈ ਭੀ ਕਿਸੇ ਕੰਮ ਨਹੀਂ ।੧।

ਹੇ ਭਾਈ! ਮੂਰਖ ਮਨੁੱਖ ਮਾਇਆ ਦੇ ਵੱਡੇ ਮੋਹ ਵਿਚ ਮਸਤ ਰਹਿੰਦਾ ਹੈ, ਪਰ ਵੇਂਹਦਿਆਂ ਵੇਂਹਦਿਆਂ ਹੀ (ਇਥੋਂ) ਉਠ ਕੇ ਤੁਰ ਪੈਂਦਾ ਹੈ ।੨।

ਹੇ ਭਾਈ! (ਪਰਮਾਤਮਾ ਦਾ ਨਾਮ ਹੀ ਜਪ) ਉਸ ਦਾ ਦਰਬਾਰ ਉੱਚੇ ਤੋਂ ਉੱਚਾ ਹੈ । ਉਹ ਅਨੇਕਾਂ ਜੀਵਾਂ ਨੂੰ ਨਾਸ ਭੀ ਕਰਦਾ ਹੈ, ਤੇ, ਪੈਦਾ ਭੀ ਕਰਦਾ ਹੈ ।੩।

ਹੇ ਨਾਨਕ! ਉਸ ਇਕ ਪਰਮਾਤਮਾ ਦਾ ਨਾਮ ਹੀ ਜਪਿਆ ਕਰ, ਜਿਸ ਵਰਗਾ ਹੋਰ ਕੋਈ ਦੂਜਾ ਨਾਹ ਅਜੇ ਤਕ ਕੋਈ ਹੋਇਆ ਹੈ, ਨਾਹ ਹੀ (ਅਗਾਂਹ ਨੂੰ) ਹੋਵੇਗਾ ।੪।੧੦।੧੬।

ਸੂਹੀ ਮਹਲਾ ੫ ॥ ਸਿਮਰਿ ਸਿਮਰਿ ਤਾ ਕਉ ਹਉ ਜੀਵਾ ॥ ਚਰਣ ਕਮਲ ਤੇਰੇ ਧੋਇ ਧੋਇ ਪੀਵਾ ॥੧॥ ਸੋ ਹਰਿ ਮੇਰਾ ਅੰਤਰਜਾਮੀ ॥ ਭਗਤ ਜਨਾ ਕੈ ਸੰਗਿ ਸੁਆਮੀ ॥੧॥ ਰਹਾਉ ॥ ਸੁਣਿ ਸੁਣਿ ਅੰਮ੍ਰਿਤ ਨਾਮੁ ਧਿਆਵਾ ॥ ਆਠ ਪਹਰ ਤੇਰੇ ਗੁਣ ਗਾਵਾ ॥੨॥ ਪੇਖਿ ਪੇਖਿ ਲੀਲਾ ਮਨਿ ਆਨੰਦਾ ॥ ਗੁਣ ਅਪਾਰ ਪ੍ਰਭ ਪਰਮਾਨੰਦਾ ॥੩॥ ਜਾ ਕੈ ਸਿਮਰਨਿ ਕਛੁ ਭਉ ਨ ਬਿਆਪੈ ॥ ਸਦਾ ਸਦਾ ਨਾਨਕ ਹਰਿ ਜਾਪੈ ॥੪॥੧੧॥੧੭॥ {ਪੰਨਾ ੭੪੦}

ਪਦ ਅਰਥ :—ਤਾ ਕਉ—ਉਸ (ਪਰਮਾਤਮਾ ਦੇ ਨਾਮ) ਨੂੰ । ਹਉ—ਮੈਂ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ । ਪੀਵਾ—ਪੀਵਾਂ, ਮੈਂ ਪੀਂਦਾ ਹਾਂ ।੧।

ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ । ਕੈ ਸੰਗਿ—ਦੇ ਨਾਲ ।੧।ਰਹਾਉ।

ਸੁਣਿ—ਸੁਣ ਕੇ । ਧਿਆਵਾ—ਧਿਆਵਾਂ । ਗਾਵਾ—ਗਾਵਾਂ ।੨।

ਪੇਖਿ—ਵੇਖ ਕੇ । ਲੀਲਾ—ਕੌਤਕ, ਖੇਡ । ਮਨਿ—ਮਨ ਵਿਚ । ਪ੍ਰਭ—ਹੇ ਪ੍ਰਭੂ! ਪਰਮਾਨੰਦਾ—ਪਰਮ ਆਨੰਦ ਦਾ ਮਾਲਕ ।੩।

ਕੈ ਸਿਮਰਨਿ—ਦੇ ਸਿਮਰਨ ਦੀ ਰਾਹੀਂ । ਬਿਆਪੈ—ਜ਼ੋਰ ਪਾ ਸਕਦਾ । ਜਾਪੈ—ਜਾਪਿ, ਜਪਿਆ ਕਰ ।੪।

ਅਰਥ :—ਹੇ ਭਾਈ! ਮਾਲਕ-ਪ੍ਰਭੂ ਆਪਣੇ ਭਗਤ ਜਨਾਂ ਦੇ ਨਾਲ ਵੱਸਦਾ ਹੈ । ਮੇਰਾ ਉਹ ਹਰੀ-ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ।੧।ਰਹਾਉ।

ਹੇ ਭਾਈ! (ਭਗਤ ਜਨਾਂ ਦੇ ਅੰਗ-ਸੰਗ ਰਹਿਣ ਵਾਲੇ) ਉਸ (ਪ੍ਰਭੂ ਦੇ ਨਾਮ) ਨੂੰ ਮੈਂ ਸਦਾ ਸਿਮਰ ਕੇ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ । ਹੇ ਪ੍ਰਭੂ! ਮੈਂ ਤੇਰੇ ਸੋਹਣੇ ਚਰਨ ਧੋ ਧੋ ਕੇ (ਨਿੱਤ) ਪੀਂਦਾ ਹਾਂ ।੧।

ਹੇ ਪ੍ਰਭੂ! ਮੁੜ ਮੁੜ (ਇਹ) ਸੁਣ ਕੇ (ਕਿ ਤੇਰਾ) ਨਾਮ ਆਤਮਕ ਜੀਵਨ ਦੇਣ ਵਾਲਾ (ਹੈ,) ਮੈਂ (ਤੇਰਾ ਨਾਮ) ਸਿਮਰਦਾ ਰਹਿੰਦਾ ਹਾਂ, ਅੱਠੇ ਪਹਰ ਮੈਂ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹਾਂ ।੨।

ਹੇ ਸਭ ਤੋਂ ਉੱਚੇ ਆਨੰਦ ਦੇ ਮਾਲਕ ਪ੍ਰਭੂ! ਤੇਰੇ ਗੁਣ ਬੇਅੰਤ ਹਨ, ਤੇਰੇ ਕੌਤਕ ਵੇਖ ਵੇਖ ਕੇ ਮੇਰੇ ਮਨ ਵਿਚ ਆਨੰਦ ਪੈਦਾ ਹੁੰਦਾ ਹੈ ।

ਹੇ ਨਾਨਕ! ਤੂੰ ਭੀ ਸਦਾ ਹੀ ਉਸ ਹਰੀ ਦਾ ਨਾਮ ਜਪਿਆ ਕਰ, ਜਿਸ ਦੇ ਸਿਮਰਨ ਦੀ ਬਰਕਤਿ ਨਾਲ ਕੋਈ ਡਰ ਪੋਹ ਨਹੀਂ ਸਕਦਾ ।੪।੧੧।੧੭।

ਸੂਹੀ ਮਹਲਾ ੫ ॥ ਗੁਰ ਕੈ ਬਚਨਿ ਰਿਦੈ ਧਿਆਨੁ ਧਾਰੀ ॥ ਰਸਨਾ ਜਾਪੁ ਜਪਉ ਬਨਵਾਰੀ ॥੧॥ ਸਫਲ ਮੂਰਤਿ ਦਰਸਨ ਬਲਿਹਾਰੀ ॥ ਚਰਣ ਕਮਲ ਮਨ ਪ੍ਰਾਣ ਅਧਾਰੀ ॥੧॥ ਰਹਾਉ ॥ ਸਾਧ ਸੰਗਿ ਜਨਮ ਮਰਣ ਨਿਵਾਰੀ ॥ ਅੰਮ੍ਰਿਤ ਕਥਾ ਸੁਣਿ ਕਰਨ ਅਧਾਰੀ ॥੨॥ ਕਾਮ ਕ੍ਰੋਧ ਲੋਭ ਮੋਹ ਤਜਾਰੀ ॥ ਦ੍ਰਿੜੁ ਨਾਮ ਦਾਨੁ ਇਸਨਾਨੁ ਸੁਚਾਰੀ ॥੩॥ ਕਹੁ ਨਾਨਕ ਇਹੁ ਤਤੁ ਬੀਚਾਰੀ ॥ ਰਾਮ ਨਾਮ ਜਪਿ ਪਾਰਿ ਉਤਾਰੀ ॥੪॥੧੨॥੧੮॥ {ਪੰਨਾ ੭੪੦}

ਪਦ ਅਰਥ :—ਕੈ ਬਚਨਿ—ਦੇ ਬਚਨ ਦੀ ਰਾਹੀਂ । ਰਿਦੈ—ਹਿਰਦੇ ਵਿਚ । ਧਾਰੀ—ਧਾਰੀਂ, ਮੈਂ ਧਾਰਦਾ ਹਾਂ । ਰਸਨਾ—ਜੀਭ (ਨਾਲ) । ਜਪਉ—ਜਪਉਂ, ਮੈਂ ਜਪਦਾ ਹਾਂ । ਬਨਵਾਰੀ—{ਵਨਮਾਲਿਨੑ—ਜੰਗਲੀ ਫੁੱਲਾਂ ਦੀ ਮਾਲਾ ਵਾਲਾ} ਪਰਮਾਤਮਾ ।੧।

ਮੂਰਤਿ—ਹਸਤੀ, ਹੋਂਦ, ਸਰੂਪ । ਸਫਲ ਮੂਰਤਿ—(ਉਹ ਗੁਰੂ) ਜਿਸ ਦੀ ਹੋਂਦ ਮਨੁੱਖਾ ਜਨਮ ਦਾ ਫਲ ਦੇਣ ਵਾਲੀ ਹੈ । ਬਲਿਹਾਰੀ—ਸਦਕੇ । ਚਰਣ ਕਮਲ—ਕੌਲ ਫੁੱਲਾਂ ਵਰਗੇ ਕੋਮਲ ਚਰਨ । ਅਧਾਰੀ—ਆਸਰਾ ਬਣਾਂਦਾ ਹਾਂ ।੧।ਰਹਾਉ।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਨਿਵਾਰੀ—ਨਿਵਾਰੀਂ, ਮੈਂ ਦੂਰ ਕਰਦਾ ਹਾਂ । ਅੰਮ੍ਰਿਤ ਕਥਾ—ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ । ਕਰਨ ਅਧਾਰੀ—ਕੰਨਾਂ ਨੂੰ ਆਸਰਾ ਦੇਂਦਾ ਹਾਂ ।੨।

ਤਜਾਰੀ—ਤਿਆਗਦਾ ਹਾਂ । ਦ੍ਰਿੜੁ—(ਹਿਰਦੇ ਵਿਚ) ਪੱਕਾ ਟਿਕਾਣਾ । ਦਾਨੁ—ਦੂਜਿਆਂ ਦੀ ਸੇਵਾ । ਇਸਨਾਨੁ—ਪਵਿਤ੍ਰ ਆਚਰਨ । ਸੁਚਾਰੀ—ਚੰਗੀ ਜੀਵਨ-ਮਰਯਾਦਾ ।੩।

ਨਾਨਕ—ਹੇ ਨਾਨਕ! ਤਤੁ—ਨਿਚੋੜ, ਅਸਲੀਅਤ । ਜਪਿ—ਜਪ ਕੇ । ਉਤਾਰੀ—ਉਤਾਰਿ, ਲੰਘਾ ।੪।

ਅਰਥ :—ਹੇ ਭਾਈ! ਗੁਰੂ ਦੀ ਹਸਤੀ ਮਨੁੱਖਾ ਜੀਵਨ ਦਾ ਫਲ ਦੇਣ ਵਾਲੀ ਹੈ । ਮੈਂ (ਗੁਰੂ ਦੇ) ਦਰਸਨ ਤੋਂ ਸਦਕੇ ਜਾਂਦਾ ਹਾਂ । ਗੁਰੂ ਦੇ ਕੋਮਲ ਚਰਨਾਂ ਨੂੰ ਮੈਂ ਆਪਣੇ ਮਨ ਦਾ ਜਿੰਦ ਦਾ ਆਸਰਾ ਬਣਾਂਦਾ ਹਾਂ ।੧।ਰਹਾਉ।

ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਦਾ ਹਾਂ, ਅਤੇ ਆਪਣੀ ਜੀਭ ਨਾਲ ਪਰਮਾਤਮਾ (ਦੇ ਨਾਮ) ਦਾ ਜਾਪ ਜਪਦਾ ਹਾਂ ।੧।

ਹੇ ਭਾਈ! ਗੁਰੂ ਦੀ ਸੰਗਤਿ ਵਿਚ (ਰਹਿ ਕੇ) ਮੈਂ ਜਨਮ ਮਰਨ ਦਾ ਗੇੜ ਮੁਕਾ ਲਿਆ ਹੈ, ਅਤੇ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਕੰਨਾਂ ਨਾਲ ਸੁਣ ਕੇ (ਇਸ ਨੂੰ ਮੈਂ ਆਪਣੇ ਜੀਵਨ ਦਾ) ਆਸਰਾ ਬਣਾ ਰਿਹਾ ਹਾਂ ।੨।

ਹੇ ਭਾਈ! (ਗੁਰੂ ਦੀ ਬਰਕਤਿ ਨਾਲ) ਮੈਂ ਕਾਮ ਕ੍ਰੋਧ ਲੋਭ ਮੋਹ (ਆਦਿਕ) ਨੂੰ ਤਿਆਗਿਆ ਹੈ । ਹਿਰਦੇ ਵਿਚ ਪ੍ਰਭੂ-ਨਾਮ ਨੂੰ ਪੱਕਾ ਕਰ ਕੇ ਟਿਕਾਣਾ, ਦੂਜਿਆਂ ਦੀ ਸੇਵਾ ਕਰਨੀ, ਆਚਰਨ ਨੂੰ ਪਵਿਤ੍ਰ ਰੱਖਣਾ—ਇਹ ਮੈਂ ਚੰਗੀ ਜੀਵਨ-ਮਰਯਾਦਾ ਬਣਾ ਲਈ ਹੈ ।੩।

ਹੇ ਨਾਨਕ! ਆਖ—(ਹੇ ਭਾਈ! ਤੂੰ ਭੀ) ਇਹ ਅਸਲੀਅਤ ਆਪਣੇ ਮਨ ਵਿਚ ਵਸਾ ਲੈ, ਅਤੇ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਜਪ ਕੇ (ਆਪਣੇ ਆਪ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ।੪।੧੨।੧੮।

ਸੂਹੀ ਮਹਲਾ ੫ ॥ ਲੋਭਿ ਮੋਹਿ ਮਗਨ ਅਪਰਾਧੀ ॥ ਕਰਣਹਾਰ ਕੀ ਸੇਵ ਨ ਸਾਧੀ ॥੧॥ ਪਤਿਤ ਪਾਵਨ ਪ੍ਰਭ ਨਾਮ ਤੁਮਾਰੇ ॥ ਰਾਖਿ ਲੇਹੁ ਮੋਹਿ ਨਿਰਗੁਨੀਆਰੇ ॥੧॥ ਰਹਾਉ ॥ ਤੂੰ ਦਾਤਾ ਪ੍ਰਭ ਅੰਤਰਜਾਮੀ ॥ ਕਾਚੀ ਦੇਹ ਮਾਨੁਖ ਅਭਿਮਾਨੀ ॥੨॥ ਸੁਆਦ ਬਾਦ ਈਰਖ ਮਦ ਮਾਇਆ ॥ ਇਨ ਸੰਗਿ ਲਾਗਿ ਰਤਨ ਜਨਮੁ ਗਵਾਇਆ ॥੩॥ ਦੁਖ ਭੰਜਨ ਜਗਜੀਵਨ ਹਰਿ ਰਾਇਆ ॥ ਸਗਲ ਤਿਆਗਿ ਨਾਨਕੁ ਸਰਣਾਇਆ ॥੪॥੧੩॥੧੯॥ {ਪੰਨਾ 741}

ਪਦ ਅਰਥ :—ਲੋਭਿ—ਲੋਭ ਵਿਚ । ਮੋਹਿ—ਮੋਹ ਵਿਚ । ਮਗਨ—ਡੁੱਬੇ ਹੋਏ, ਮਸਤ । ਅਪਰਾਧੀ—ਭੁੱਲਣਹਾਰ ਜੀਵ । ਸੇਵ—ਭਗਤੀ ।੧।

ਪਤਿਤ ਪਾਵਨ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿਤ੍ਰ ਕਰਨ ਵਾਲਾ । ਮੋਹਿ—ਮੈਨੂੰ ।੧।ਰਹਾਉ।

ਪ੍ਰਭ—ਹੇ ਪ੍ਰਭੂ! ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਕਾਚੀ ਦੇਹ—ਨਾਸਵੰਤ ਸਰੀਰ ।੨।

ਬਾਦ—ਝਗੜੇ । ਈਰਖ—ਸਾੜਾ । ਮਦ—ਅਹੰਕਾਰ, ਨਸ਼ਾ । ਸੰਗਿ—ਨਾਲ ।੩।

ਦੁਖ ਭੰਜਨ—ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਤਿਆਗਿ—ਤਿਆਗ ਕੇ ।੪।

ਅਰਥ :—ਹੇ ਪ੍ਰਭੂ! ਤੇਰਾ ਨਾਮ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ । ਮੈਨੂੰ ਗੁਣ-ਹੀਨ ਨੂੰ (ਆਪਣਾ ਨਾਮ ਦੇ ਕੇ) ਵਿਕਾਰਾਂ ਤੋਂ ਬਚਾਈ ਰੱਖ ।੧।ਰਹਾਉ।

ਹੇ ਪ੍ਰਭੂ! ਅਸੀ ਭੁੱਲਣਹਾਰ ਜੀਵ ਲੋਭ ਵਿਚ ਮੋਹ ਵਿਚ ਮਸਤ ਰਹਿੰਦੇ ਹਾਂ । ਤੂੰ ਸਾਨੂੰ ਪੈਦਾ ਕਰਨ ਵਾਲਾ ਹੈਂ, ਅਸੀ ਤੇਰੀ ਸੇਵਾ-ਭਗਤੀ ਨਹੀਂ ਕਰਦੇ ।੧।

ਹੇ ਪ੍ਰਭੂ! ਤੂੰ ਸਾਨੂੰ ਸਭ ਦਾਤਾਂ ਦੇਣ ਵਾਲਾ ਹੈਂ, ਸਾਡੇ ਦਿਲ ਦੀ ਜਾਣਨ ਵਾਲਾ ਹੈਂ । ਪਰ ਅਸੀ ਜੀਵ ਇਸ ਨਾਸਵੰਤ ਸਰੀਰ ਦਾ ਹੀ ਮਾਣ ਕਰਦੇ ਰਹਿੰਦੇ ਹਾਂ (ਤੇ, ਤੈਨੂੰ ਯਾਦ ਨਹੀਂ ਕਰਦੇ) ।੨।

ਹੇ ਪ੍ਰਭੂ! (ਦੁਨੀਆ ਦੇ ਪਦਾਰਥਾਂ ਦੇ) ਚਸਕੇ, ਝਗੜੇ, ਸਾੜਾ, ਮਾਇਆ ਦਾ ਮਾਣ—ਅਸੀ ਜੀਵ ਇਹਨਾਂ ਵਿਚ ਹੀ ਲੱਗ ਕੇ ਕੀਮਤੀ ਮਨੁੱਖਾ ਜਨਮ ਨੂੰ ਗਵਾ ਰਹੇ ਹਾਂ ।੩।

ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਜਗਤ ਦੇ ਜੀਵਨ! ਹੇ ਪ੍ਰਭੂ ਪਾਤਿਸ਼ਾਹ! ਹੋਰ ਸਾਰੇ (ਆਸਰੇ ਛੱਡ ਕੇ ਨਾਨਕ ਤੇਰੀ ਸਰਨ ਆਇਆ ਹੈ ।੪।੧੩।੧੯।

ਸੂਹੀ ਮਹਲਾ ੫ ॥ ਪੇਖਤ ਚਾਖਤ ਕਹੀਅਤ ਅੰਧਾ ਸੁਨੀਅਤ ਸੁਨੀਐ ਨਾਹੀ ॥ ਨਿਕਟਿ ਵਸਤੁ ਕਉ ਜਾਣੈ ਦੂਰੇ ਪਾਪੀ ਪਾਪ ਕਮਾਹੀ ॥੧॥ ਸੋ ਕਿਛੁ ਕਰਿ ਜਿਤੁ ਛੁਟਹਿ ਪਰਾਨੀ ॥ ਹਰਿ ਹਰਿ ਨਾਮੁ ਜਪਿ ਅੰਮ੍ਰਿਤ ਬਾਨੀ ॥੧॥ ਰਹਾਉ ॥ ਘੋਰ ਮਹਲ ਸਦਾ ਰੰਗਿ ਰਾਤਾ ॥ ਸੰਗਿ ਤੁਮ੍ਹ੍ਹਾਰੈ ਕਛੂ ਨ ਜਾਤਾ ॥੨॥ ਰਖਹਿ ਪੋਚਾਰਿ ਮਾਟੀ ਕਾ ਭਾਂਡਾ ॥ ਅਤਿ ਕੁਚੀਲ ਮਿਲੈ ਜਮ ਡਾਂਡਾ ॥੩॥ ਕਾਮ ਕ੍ਰੋਧਿ ਲੋਭਿ ਮੋਹਿ ਬਾਧਾ ॥ ਮਹਾ ਗਰਤ ਮਹਿ ਨਿਘਰਤ ਜਾਤਾ ॥੪॥ ਨਾਨਕ ਕੀ ਅਰਦਾਸਿ ਸੁਣੀਜੈ ॥ ਡੂਬਤ ਪਾਹਨ ਪ੍ਰਭ ਮੇਰੇ ਲੀਜੈ ॥੫॥੧੪॥੨੦॥ {ਪੰਨਾ 741}

ਪਦ ਅਰਥ :—ਚਾਖਤ—{ਚੱ—ਵੇਖਣਾ} ਵੇਖਦਾ । ਪੇਖਤ ਚਾਖਤ—ਵੇਖਦਾ ਚਾਖਦਾ । ਸੁਨੀਅਤ—ਸੁਣਦਿਆਂ । ਨਿਕਟਿ—ਨੇੜੇ । ਕਮਾਹੀ—ਕਮਾਹਿ, ਕਮਾਂਦੇ ਹਨ ।੧।

ਜਿਤੁ—ਜਿਸ (ਕੰਮ) ਦੀ ਰਾਹੀਂ । ਛੁਟਹਿ—(ਵਿਕਾਰਾਂ ਤੋਂ) ਬਚ ਸਕੇਂ । ਪਰਾਨੀ—ਹੇ ਪ੍ਰਾਣੀ! ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ ।੧।ਰਹਾਉ।

ਘੋਰ—ਘੋੜੇ । ਰੰਗਿ—ਪ੍ਰੇਮ ਵਿਚ । ਰਾਤਾ—ਮਸਤ । ਸੰਗਿ—ਨਾਲ ।੨।

ਪੋਚਾਰਿ—ਪੋਚ ਪਾਚ ਕੇ, ਬਾਹਰੋਂ ਬਣਾ ਕੇ ਸਵਾਰ ਕੇ । ਰਖਹਿ—ਤੂੰ ਰੱਖਦਾ ਹੈਂ । ਅਤਿ ਕੁਚੀਲ—ਬਹੁਤ ਹੀ ਗੰਦਾ । ਜਮ ਡਾਂਡਾ—ਜਮ ਦਾ ਡੰਨ ।੩।

ਕ੍ਰੋਧਿ—ਕ੍ਰੋਧ ਵਿਚ । ਬਾਧਾ—ਬੱਝਾ ਹੋਇਆ । ਗਰਤ—ਟੋਆ । ਨਿਘਰਤ ਜਾਤਾ—ਧਸਦਾ ਜਾਂਦਾ ਹੈ ।੪।

ਪਾਹਨ—ਪੱਥਰ । ਪ੍ਰਭ—ਹੇ ਪ੍ਰਭੂ! ।੫।

ਅਰਥ :—ਹੇ ਪ੍ਰਾਣੀ! ਕੋਈ ਉਹ ਕੰਮ ਕਰ ਜਿਸ ਦੀ ਬਰਕਤਿ ਨਾਲ ਤੂੰ (ਵਿਕਾਰਾਂ ਤੋਂ) ਬਚਿਆ ਰਹਿ ਸਕੇਂ । ਸਦਾ ਪਰਮਾਤਮਾ ਦਾ ਨਾਮ ਜਪਿਆ ਕਰ । (ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ) ਬਾਣੀ ਆਤਮਕ ਜੀਵਨ ਦੇਣ ਵਾਲੀ ਹੈ ।੧।ਰਹਾਉ।

ਹੇ ਭਾਈ! (ਪਰਮਾਤਮਾ ਹਰ ਵੇਲੇ ਮਨੁੱਖ ਦੇ ਅੰਗ-ਸੰਗ ਵੱਸਦਾ ਹੈ, ਪਰ ਮਨੁੱਖ ਉਸ ਨੂੰ ਵੇਖਦਾ ਨਹੀਂ । ਇਸ ਵਾਸਤੇ, ਦੁਨੀਆ ਦੇ ਹੋਰ ਸਾਰੇ ਪਦਾਰਥ) ਵੇਖਦਾ ਚਾਖਦਾ ਹੋਇਆ ਭੀ (ਆਤਮਕ ਜੀਵਨ ਵਲੋਂ) ਅੰਨ੍ਹਾ ਹੀ ਕਿਹਾ ਜਾ ਸਕਦਾ ਹੈ, (ਦੁਨੀਆ ਦੇ ਹੋਰ ਰਾਗ ਨਾਦ) ਸੁਣਦਾ ਹੋਇਆ ਭੀ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਸੁਣ ਰਿਹਾ (ਆਤਮਕ ਜੀਵਨ ਵਲੋਂ ਬੋਲਾ ਹੀ ਹੈ) । ਨੇੜੇ ਵੱਸ ਰਹੇ (ਨਾਮ-) ਪਦਾਰਥ ਨੂੰ ਕਿਤੇ ਦੂਰ ਸਮਝਦਾ ਹੈ । ਇਸ ਉਕਾਈ ਦੇ ਕਾਰਨ) ਵਿਕਾਰਾਂ ਵਿਚ ਫਸੇ ਹੋਏ ਮਨੁੱਖ ਵਿਕਾਰ ਹੀ ਕਰਦੇ ਰਹਿੰਦੇ ਹਨ ।੧।

ਹੇ ਪ੍ਰਾਣੀ! ਤੂੰ ਸਦਾ ਘੋੜੇ ਮਹਲ-ਮਾੜੀਆਂ ਆਦਿਕ ਦੇ ਪਿਆਰ ਵਿਚ ਮਸਤ ਰਹਿੰਦਾ ਹੈਂ, (ਪਰ ਇਹਨਾਂ ਵਿਚੋਂ) ਕੋਈ ਭੀ ਚੀਜ਼ ਤੇਰੇ ਨਾਲ ਨਹੀਂ ਜਾ ਸਕਦੀ।੨।

ਹੇ ਪ੍ਰਾਣੀ! ਤੂੰ ਇਸ ਮਿੱਟੀ ਦੇ ਭਾਂਡੇ (ਸਰੀਰ) ਨੂੰ (ਬਾਹਰੋਂ) ਬਣਾ ਸੰਵਾਰ ਕੇ ਰੱਖਦਾ ਹੈਂ; (ਪਰ ਅੰਦਰੋਂ ਵਿਕਾਰਾਂ ਨਾਲ ਇਹ) ਬਹੁਤ ਗੰਦਾ ਹੋਇਆ ਪਿਆ ਹੈ। (ਇਹੋ ਜਿਹੇ ਜੀਵਨ ਵਾਲੇ ਨੂੰ ਤਾਂ) ਜਮਾਂ ਦੀ ਸਜ਼ਾ ਮਿਲਿਆ ਕਰਦੀ ਹੈ।੩।

ਹੇ ਪ੍ਰਾਣੀ! ਤੂੰ ਕਾਮ ਕ੍ਰੋਧ ਵਿਚ, ਲੋਭ ਵਿਚ ਮੋਹ ਵਿਚ ਬੱਝਾ ਪਿਆ ਹੈਂ। ਵਿਕਾਰਾਂ ਦੇ ਵੱਡੇ ਟੋਏ ਵਿਚ (ਹੋਰ ਹੋਰ) ਖੁੱਭਦਾ ਜਾ ਰਿਹਾ ਹੈਂ।੪।

ਹੇ ਮੇਰੇ ਪ੍ਰਭੂ! (ਆਪਣੇ ਦਾਸ) ਨਾਨਕ ਦੀ ਅਰਜ਼ੋਈ ਸੁਣ। ਅਸਾਂ ਡੁੱਬ ਰਹੇ ਪੱਥਰਾਂ ਨੂੰ ਡੁੱਬਣੋਂ ਬਚਾ ਲੈ।੫।੧੪।੨੦।

ਸੂਹੀ ਮਹਲਾ ੫ ॥ ਜੀਵਤ ਮਰੈ ਬੁਝੈ ਪ੍ਰਭੁ ਸੋਇ ॥ ਤਿਸੁ ਜਨ ਕਰਮਿ ਪਰਾਪਤਿ ਹੋਇ ॥੧॥ ਸੁਣਿ ਸਾਜਨ ਇਉ ਦੁਤਰੁ ਤਰੀਐ ॥ ਮਿਲਿ ਸਾਧੂ ਹਰਿ ਨਾਮੁ ਉਚਰੀਐ ॥੧॥ ਰਹਾਉ ॥ ਏਕ ਬਿਨਾ ਦੂਜਾ ਨਹੀ ਜਾਨੈ ॥ ਘਟ ਘਟ ਅੰਤਰਿ ਪਾਰਬ੍ਰਹਮੁ ਪਛਾਨੈ ॥੨॥ ਜੋ ਕਿਛੁ ਕਰੈ ਸੋਈ ਭਲ ਮਾਨੈ ॥ ਆਦਿ ਅੰਤ ਕੀ ਕੀਮਤਿ ਜਾਨੈ ॥੩॥ ਕਹੁ ਨਾਨਕ ਤਿਸੁ ਜਨ ਬਲਿਹਾਰੀ ॥ ਜਾ ਕੈ ਹਿਰਦੈ ਵਸਹਿ ਮੁਰਾਰੀ ॥੪॥੧੫॥੨੧॥ {ਪੰਨਾ ੭੪੧}

ਪਦ ਅਰਥ :—ਜੀਵਤ—ਜੀਊਂਦਾ ਹੋਇਆ, ਦੁਨੀਆ ਦੇ ਕੰਮ-ਕਾਰ ਕਰਦਾ ਹੋਇਆ ਹੀ। ਮਰੈ—(ਮੋਹ ਵਲੋਂ) ਮਰਦਾ ਹੈ, ਮੋਹ ਛੱਡ ਦੇਂਦਾ ਹੈ। ਸੋਇ—ਉਹ ਮਨੁੱਖ। ਕਰਮਿ—ਬਖ਼ਸ਼ਸ਼ ਨਾਲ।੧।

ਸਾਜਨ—ਹੇ ਸੱਜਣ! ਇਉ—ਇਸ ਤਰੀਕੇ ਨਾਲ। ਦੁਤਰੁ—{ਦੁੱਤਰ} ਉਹ ਸੰਸਾਰ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ। ਤਰੀਐ—ਪਾਰ ਲੰਘ ਜਾਈਦਾ ਹੈ। ਮਿਲਿ—ਮਿਲ ਕੇ। ਸਾਧੂ—ਗੁਰੂ।੧।

ਜਾਨੈ—ਦਿਲੀ ਸਾਂਝ ਪਾਂਦਾ। ਘਟ—ਸਰੀਰ। ਅੰਤਰਿ—ਅੰਦਰ, ਵਿਚ।੨।

ਭਲ—ਭਲਾ, ਚੰਗਾ। ਆਦਿ ਅੰਤ ਕੀ—ਉਸ ਪਰਮਾਤਮਾ ਦੀ ਜੋ ਸ੍ਰਿਸ਼ਟੀ ਦੇ ਸ਼ੁਰੂ ਤੋਂ ਹੀ ਹੈ ਅਤੇ ਸ੍ਰਿਸ਼ਟੀ ਦੇ ਅਖ਼ੀਰ ਤੇ ਭੀ ਰਹੇਗਾ। ਕੀਮਤਿ—ਕਦਰ।੩।

ਬਲਿਹਾਰੀ—ਸਦਕੇ। ਕੈ ਹਿਰਦੈ—ਦੇ ਹਿਰਦੇ ਵਿਚ। ਵਸਹਿ—ਤੂੰ ਵੱਸਦਾ ਹੈਂ। ਮੁਰਾਰੀ—ਹੇ ਪ੍ਰਭੂ!

ਅਰਥ :—ਹੇ ਸੱਜਣ! (ਮੇਰੀ ਬੇਨਤੀ) ਸੁਣ। ਸੰਸਾਰ-ਸਮੁੰਦਰ ਤੋਂ ਪਾਰ ਲੰਘਣਾ ਬਹੁਤ ਔਖਾ ਹੈ, ਇਸ ਤੋਂ ਸਿਰਫ਼ ਇਸ ਤਰੀਕੇ ਨਾਲ ਪਾਰ ਲੰਘ ਸਕੀਦਾ ਹੈ (ਕਿ) ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ ਜਾਏ।੧।ਰਹਾਉ।

ਹੇ ਭਾਈ! ਜੇਹੜਾ ਮਨੁੱਖ ਦੁਨੀਆ ਦੀ ਕਾਰ ਕਰਦਾ ਹੋਇਆ ਹੀ (ਦੁਨੀਆ ਦਾ) ਮੋਹ ਤਿਆਗ ਦੇਂਦਾ ਹੈ, ਉਹ ਮਨੁੱਖ ਪਰਮਾਤਮਾ ਨਾਲ ਸਾਂਝ ਪਾ ਲੈਂਦਾ ਹੈ। ਉਸ ਮਨੁੱਖ ਨੂੰ (ਪਰਮਾਤਮਾ ਦੀ) ਕਿਰਪਾ ਨਾਲ (ਪਰਮਾਤਮਾ ਦਾ ਮਿਲਾਪ) ਪ੍ਰਾਪਤ ਹੋ ਜਾਂਦਾ ਹੈ।੧।

ਹੇ ਭਾਈ! ਜੇਹੜਾ ਮਨੁੱਖ ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨਾਲ ਦਿਲੀ ਸਾਂਝ ਨਹੀਂ ਪਾਂਦਾ, ਉਹ ਮਨੁੱਖ ਪਰਮਾਤਮਾ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣ ਲੈਂਦਾ ਹੈ।੨।

ਜੋ ਕੁਝ ਭੀ ਪਰਮਾਤਮਾ ਕਰਦਾ ਹੈ ਜੇਹੜਾ ਮਨੁੱਖ ਹਰੇਕ ਉਸ ਕੰਮ ਨੂੰ (ਦੁਨੀਆ ਵਾਸਤੇ) ਭਲਾ ਮੰਨਦਾ ਹੈ, ਉਹ ਮਨੁੱਖ ਸਦਾ ਹੀ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਕਦਰ ਸਮਝ ਲੈਂਦਾ ਹੈ।੩।

ਹੇ ਨਾਨਕ! ਆਖ—ਹੇ ਪ੍ਰਭੂ! ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਤੂੰ ਵੱਸਦਾ ਹੈਂ (ਜਿਸ ਨੂੰ ਸਦਾ ਤੂੰ ਚੇਤੇ ਰਹਿੰਦਾ ਹੈਂ) ਉਸ ਮਨੁੱਖ ਤੋਂ (ਮੈਂ) ਕੁਰਬਾਨ ਜਾਂਦਾ ਹਾਂ।੪।੧੫।੨੧।

ਸੂਹੀ ਮਹਲਾ ੫ ॥ ਗੁਰੁ ਪਰਮੇਸਰੁ ਕਰਣੈਹਾਰੁ ॥ ਸਗਲ ਸ੍ਰਿਸਟਿ ਕਉ ਦੇ ਆਧਾਰੁ ॥੧॥ ਗੁਰ ਕੇ ਚਰਣ ਕਮਲ ਮਨ ਧਿਆਇ ॥ ਦੂਖੁ ਦਰਦੁ ਇਸੁ ਤਨ ਤੇ ਜਾਇ ॥੧॥ ਰਹਾਉ ॥ ਭਵਜਲਿ ਡੂਬਤ ਸਤਿਗੁਰੁ ਕਾਢੈ ॥ ਜਨਮ ਜਨਮ ਕਾ ਟੂਟਾ ਗਾਢੈ ॥੨॥ ਗੁਰ ਕੀ ਸੇਵਾ ਕਰਹੁ ਦਿਨੁ ਰਾਤਿ ॥ ਸੂਖ ਸਹਜ ਮਨਿ ਆਵੈ ਸਾਂਤਿ ॥੩॥ ਸਤਿਗੁਰ ਕੀ ਰੇਣੁ ਵਡਭਾਗੀ ਪਾਵੈ ॥ ਨਾਨਕ ਗੁਰ ਕਉ ਸਦ ਬਲਿ ਜਾਵੈ ॥੪॥੧੬॥੨੨॥ {ਪੰਨਾ ੭੪੧}

ਪਦ ਅਰਥ :—ਪਰਮੇਸਰੁ—ਪਰਮ ਈਸ਼੍ਵਰ, ਸਭ ਤੋਂ ਉੱਚਾ ਮਾਲਕ। ਕਰਣੈਹਾਰੁ—ਸਭ ਕੁਝ ਕਰ ਸਕਣ ਵਾਲਾ। ਸਗਲ—ਸਾਰੀ। ਕਉ—ਨੂੰ। ਦੇ—ਦੇਂਦਾ ਹੈ। ਆਧਾਰੁ—ਆਸਰਾ।੧।

ਚਰਣ ਕਮਲ—ਕੌਲ ਫੁੱਲਾਂ ਵਰਗੇ ਕੋਮਲ ਚਰਨ। ਮਨ—ਹੇ ਮਨ! ਤੇ—ਤੋਂ। ਜਾਇ—ਚਲਾ ਜਾਂਦਾ ਹੈ।੧।ਰਹਾਉ।

ਭਵਜਲਿ—ਸੰਸਾਰ-ਸਮੁੰਦਰ ਵਿਚ। ਕਾਢੈ—ਕੱਢ ਲੈਂਦਾ ਹੈ। ਟੂਟਾ—(ਪਰਮਾਤਮਾ ਨਾਲੋਂ) ਟੁੱਟਾ ਹੋਇਆ ਮਨੁੱਖ। ਗਾਢੈ—ਗੰਢ ਦੇਂਦਾ ਹੈ, ਪ੍ਰਭੂ ਨਾਲ ਜੋੜ ਦੇਂਦਾ ਹੈ।੨।

ਸੂਖ ਸਹਜ—ਆਤਮਕ ਅਡੋਲਤਾ ਦੇ ਸੁਖ। ਮਨਿ—ਮਨ ਵਿਚ।

ਰੇਣੁ—ਚਰਨ-ਧੂੜ। ਵਡਭਾਗੀ—ਵੱਡੇ ਭਾਗਾਂ ਵਾਲਾ ਮਨੁੱਖ। ਨਾਨਕ—ਹੇ ਨਾਨਕ! ਸਦ—ਸਦਾ। ਬਲਿ—ਸਦਕੇ।੪।

ਅਰਥ :—ਹੇ (ਮੇਰੇ) ਮਨ! (ਸਦਾ) ਗੁਰੂ ਦੇ ਸੋਹਣੇ ਕੋਮਲ ਚਰਨਾਂ ਦਾ ਧਿਆਨ ਧਰਿਆ ਕਰ (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਦੇ) ਇਸ ਸਰੀਰ

ਤੋਂ ਹਰੇਕ ਕਿਸਮ ਦਾ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ ।੧।ਰਹਾਉ।

ਹੇ ਮੇਰੇ ਮਨ! ਗੁਰੂ ਉਸ ਪਰਮਾਤਮਾ ਦਾ ਰੂਪ ਹੈ ਜੇਹੜਾ ਸਭ ਤੋਂ ਵੱਡਾ ਮਾਲਕ ਹੈ ਜੇਹੜਾ ਸਭ ਕੁਝ ਕਰ ਸਕਣ ਵਾਲਾ ਹੈ । ਗੁਰੂ ਸਾਰੀ ਸ੍ਰਿਸ਼ਟੀ ਨੂੰ (ਪਰਮਾਤਮਾ ਦੇ ਨਾਮ ਦਾ) ਆਸਰਾ ਦੇਂਦਾ ਹੈ ।੧।

(ਹੇ ਮਨ! ਗੁਰੂ ਸੰਸਾਰ-ਸਮੁੰਦਰ ਵਿਚ ਡੁਬਦਿਆਂ ਨੂੰ ਬਚਾ ਲੈਂਦਾ ਹੈ, ਅਨੇਕਾਂ ਜਨਮਾਂ ਤੋਂ (ਪਰਮਾਤਮਾ ਨਾਲੋਂ) ਟੁੱਟੇ ਹੋਏ ਮਨੁੱਖ ਨੂੰ (ਪਰਮਾਤਮਾ ਨਾਲ) ਜੋੜ ਦੇਂਦਾ ਹੈ ।੨।

ਹੇ ਭਾਈ! ਦਿਨ ਰਾਤ ਗੁਰੂ ਦੀ (ਦੱਸੀ ਹੋਈ) ਸੇਵਾ ਕਰਿਆ ਕਰੋ, (ਜੇਹੜਾ ਮਨੁੱਖ ਕਰਦਾ ਹੈ ਉਸ ਦੇ) ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਦੇ ਆਨੰਦ ਪੈਦਾ ਹੋ ਜਾਂਦੇ ਹਨ ।੩।

ਹੇ ਨਾਨਕ! ਕੋਈ ਵੱਡੇ ਭਾਗਾਂ ਵਾਲਾ ਮਨੁੱਖ ਗੁਰੂ ਦੀ ਚਰਨ-ਧੂੜ ਹਾਸਲ ਕਰਦਾ ਹੈ, (ਫਿਰ ਉਹ ਮਨੁੱਖ) ਗੁਰੂ ਤੋਂ ਸਦਾ ਸਦਕੇ ਜਾਂਦਾ ਹੈ ।੪।੧੬।੨੨।

ਸੂਹੀ ਮਹਲਾ ੫ ॥ ਗੁਰ ਅਪੁਨੇ ਊਪਰਿ ਬਲਿ ਜਾਈਐ ॥ ਆਠ ਪਹਰ ਹਰਿ ਹਰਿ ਜਸੁ ਗਾਈਐ ॥੧॥ ਸਿਮਰਉ ਸੋ ਪ੍ਰਭੁ ਅਪਨਾ ਸੁਆਮੀ ॥ ਸਗਲ ਘਟਾ ਕਾ ਅੰਤਰਜਾਮੀ ॥੧॥ ਰਹਾਉ ॥ ਚਰਣ ਕਮਲ ਸਿਉ ਲਾਗੀ ਪ੍ਰੀਤਿ ॥ ਸਾਚੀ ਪੂਰਨ ਨਿਰਮਲ ਰੀਤਿ ॥੨॥ ਸੰਤ ਪ੍ਰਸਾਦਿ ਵਸੈ ਮਨ ਮਾਹੀ ॥ ਜਨਮ ਜਨਮ ਕੇ ਕਿਲਵਿਖ ਜਾਹੀ ॥੩॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਨਾਨਕੁ ਮਾਗੈ ਸੰਤ ਰਵਾਲਾ ॥੪॥੧੭॥੨੩॥ {ਪੰਨਾ ੭੪੧}

ਪਦ ਅਰਥ :—ਬਲਿ ਜਾਈਐ—ਕੁਰਬਾਨ ਹੋਣਾ ਚਾਹੀਦਾ ਹੈ । ਗਾਈਐ—ਗਾਣਾ ਚਾਹੀਦਾ ਹੈ । ਜਸੁ—ਸਿਫ਼ਤਿ-ਸਾਲਾਹ (ਦਾ ਗੀਤ) ।੧।

ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ । ਸੁਆਮੀ—ਮਾਲਕ । ਸਗਲ—ਸਾਰੇ । ਅੰਤਰਜਾਮੀ—ਅੰਦਰ ਦੀ ਜਾਣਨ ਵਾਲਾ ।੧।ਰਹਾਉ।

ਸਿਉ—ਨਾਲ । ਸਾਚੀ—ਸਦਾ ਕਾਇਮ ਰਹਿਣ ਵਾਲੀ । ਪੂਰਨ—ਮੁਕੰਮਲ । ਰੀਤਿ—ਜੀਵਨ-ਜੁਗਤਿ ।੨।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਮਾਹੀ—ਮਾਹਿ, ਵਿਚ । ਕਿਲਵਿਖ—ਪਾਪ । ਜਾਹੀ—ਜਾਹਿ, ਦੂਰ ਹੋ ਜਾਂਦੇ ਹਨ ।੩।

ਪ੍ਰਭ—ਹੇ ਪ੍ਰਭੂ! ਦੀਨ—ਕੰਗਾਲ । ਨਾਨਕੁ ਮਾਗੈ—ਨਾਨਕ ਮੰਗਦਾ ਹੈ । ਰਵਾਲਾ—ਚਰਨ-ਧੂੜ ।੪।

ਅਰਥ :—ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਮੈਂ ਆਪਣਾ ਉਹ ਮਾਲਕ-ਪ੍ਰਭੂ ਸਿਮਰਦਾ ਰਹਿੰਦਾ ਹਾਂ, ਜੇਹੜਾ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ ।੧।ਰਹਾਉ।

ਹੇ ਭਾਈ! ਆਪਣੇ ਗੁਰੂ ਉੱਤੋਂ (ਸਦਾ) ਕੁਰਬਾਨ ਹੋਣਾ ਚਾਹੀਦਾ ਹੈ (ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰੋਂ ਆਪਾ- ਭਾਵ ਮਿਟਾ ਦੇਣਾ ਚਾਹੀਦਾ ਹੈ, (ਕਿਉਂਕਿ, ਗੁਰੂ ਦੀ ਕਿਰਪਾ ਨਾਲ ਹੀ) ਅੱਠੇ ਪਹਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਜਾ ਸਕਦਾ ਹੈ ।੧।

ਹੇ ਭਾਈ! (ਗੁਰੂ ਦੀ ਕਿਰਪਾ ਨਾਲ ਹੀ) ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪਿਆਰ ਬਣਦਾ ਹੈ । (ਗੁਰ-ਚਰਨਾਂ ਦੀ ਪ੍ਰੀਤਿ ਹੀ) ਅਟੱਲ ਮੁਕੰਮਲ ਤੇ ਪਵਿਤ੍ਰ ਜੀਵਨ-ਜੁਗਤਿ ਹੈ ।੨।

ਹੇ ਭਾਈ! ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਜਿਸ ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ (ਉਸ ਮਨੁੱਖ ਦੇ) ਅਨੇਕਾਂ ਜਨਮਾਂ ਦੇ ਪਾਪ ਦੂਰ ਹੋ ਜਾਂਦੇ ਹਨ ।੩।

ਹੇ ਨਿਮਾਣਿਆਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਆਪਣੇ ਦਾਸ ਨਾਨਕ ਉਤੇ) ਕਿਰਪਾ ਕਰ । (ਤੇਰਾ ਦਾਸ) ਨਾਨਕ (ਤੇਰੇ ਦਰ ਤੋਂ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ ।੪।੧੭।੨੩।

ਸੂਹੀ ਮਹਲਾ ੫ ॥ ਦਰਸਨੁ ਦੇਖਿ ਜੀਵਾ ਗੁਰ ਤੇਰਾ ॥ ਪੂਰਨ ਕਰਮੁ ਹੋਇ ਪ੍ਰਭ ਮੇਰਾ ॥੧॥ ਇਹ ਬੇਨੰਤੀ ਸੁਣਿ ਪ੍ਰਭ ਮੇਰੇ ॥ ਦੇਹਿ ਨਾਮੁ ਕਰਿ ਅਪਣੇ ਚੇਰੇ ॥੧॥ ਰਹਾਉ ॥ ਅਪਣੀ ਸਰਣਿ ਰਾਖੁ ਪ੍ਰਭ ਦਾਤੇ ॥ ਗੁਰ ਪ੍ਰਸਾਦਿ ਕਿਨੈ ਵਿਰਲੈ ਜਾਤੇ ॥੨॥ ਸੁਨਹੁ ਬਿਨਉ ਪ੍ਰਭ ਮੇਰੇ ਮੀਤਾ ॥ ਚਰਣ ਕਮਲ ਵਸਹਿ ਮੇਰੈ ਚੀਤਾ ॥੩॥ ਨਾਨਕੁ ਏਕ ਕਰੈ ਅਰਦਾਸਿ ॥ ਵਿਸਰੁ ਨਾਹੀ ਪੂਰਨ ਗੁਣਤਾਸਿ ॥੪॥੧੮॥੨੪॥ {ਪੰਨਾ ੭੪੨}

ਪਦ ਅਰਥ :—ਦੇਖਿ—ਵੇਖ ਕੇ । ਜੀਵਾ—ਜੀਵਾਂ, ਮੈਂ ਜੀਉ ਪੈਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ । ਗੁਰ—ਹੇ ਗੁਰੂ! ਕਰਮੁ—ਬਖ਼ਸ਼ਸ਼ । ਪ੍ਰਭ ਮੇਰਾ—ਹੇ ਮੇਰੇ ਪ੍ਰਭੂ! ।੧।

ਪ੍ਰਭ—ਹੇ ਪ੍ਰਭੂ! ਕਰਿ—ਬਣਾ ਕੇ । ਚੇਰੇ—ਸੇਵਕ ।੧।ਰਹਾਉ।

ਦਾਤੇ—ਹੇ ਸਭ ਦਾਤਾਂ ਦੇਣ ਵਾਲੇ! ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਕਿਨੈ ਵਿਰਲੈ—ਕਿਸੇ ਮਨੁੱਖ ਨੇ । ਜਾਤੇ—ਡੂੰਘੀ ਸਾਂਝ ਪਾਈ ਹੈ ।੨।

ਬਿਨਉ—{ਵਿਨਯ} ਬੇਨਤੀ । ਮੀਤਾ—ਹੇ ਮਿੱਤਰ! ਵਸਹਿ—ਵੱਸ ਪੈਣਾ । ਮੇਰੈ ਚੀਤਾ—ਮੇਰੇ ਚਿੱਤ ਵਿਚ ।੩।

ਨਾਨਕੁ ਕਰੈ—ਨਾਨਕ ਕਰਦਾ ਹੈ । ਅਰਦਾਸਿ—ਬੇਨਤੀ । ਗੁਣ ਤਾਸਿ—ਹੇ ਗੁਣਾਂ ਦੇ ਖ਼ਜ਼ਾਨੇ!।੪।

ਅਰਥ :—ਹੇ ਮੇਰੇ ਪ੍ਰਭੂ (ਮੇਰੀ) ਇਹ ਅਰਜ਼ੋਈ ਸੁਣ, (ਗੁਰੂ ਦੀ ਰਾਹੀਂ) ਮੈਨੂੰ ਆਪਣਾ ਸੇਵਕ ਬਣਾ ਕੇ (ਆਪਣਾ) ਨਾਮ ਬਖ਼ਸ਼ ।੧।ਰਹਾਉ।

ਹੇ ਗੁਰੂ! ਤੇਰਾ ਦਰਸਨ ਕਰ ਕੇ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ । ਹੇ ਮੇਰੇ ਪ੍ਰਭੂ! ਤੇਰੀ ਪੂਰਨ ਬਖ਼ਸ਼ਸ਼ ਹੋਏ (ਤੇ, ਮੈਨੂੰ ਗੁਰੂ ਮਿਲ ਜਾਵੇ) ।੧।

ਹੇ ਸਭ ਦਾਤਾਂ ਦੇਣ ਵਾਲੇ ਪ੍ਰਭੂ! ਮੈਨੂੰ ਆਪਣੀ ਸਰਨ ਵਿਚ ਰੱਖ । ਹੇ ਪ੍ਰਭੂ! ਗੁਰੂ ਦੀ ਕਿਰਪਾ ਨਾਲ ਕਿਸੇ ਵਿਰਲੇ ਮਨੁੱਖ ਨੇ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ ।੨।

ਹੇ ਮੇਰੇ ਮਿੱਤਰ ਪ੍ਰਭੂ! ਮੇਰੀ ਅਰਜ਼ੋਈ ਸੁਣ (ਮੇਹਰ ਕਰ ਤੇਰੇ) ਸੋਹਣੇ ਚਰਨ ਮੇਰੇ ਚਿੱਤ ਵਿਚ ਵੱਸ ਪੈਣ ।੩।

ਹੇ ਪੂਰਨ ਪ੍ਰਭੂ! ਸਭ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਤੇਰਾ ਸੇਵਕ) ਨਾਨਕ (ਤੇਰੇ ਦਰ ਤੇ) ਇਕ ਅਰਜ਼ ਕਰਦਾ ਹੈ (ਕਿਰਪਾ ਕਰ, ਮੈਨੂੰ ਨਾਨਕ ਨੂੰ ਕਦੇ) ਨਾਹ ਭੁੱਲ ।੪।੧੮।੨੪।

ਸੂਹੀ ਮਹਲਾ ੫ ॥ ਮੀਤੁ ਸਾਜਨੁ ਸੁਤ ਬੰਧਪ ਭਾਈ ॥ ਜਤ ਕਤ ਪੇਖਉ ਹਰਿ ਸੰਗਿ ਸਹਾਈ ॥੧॥ ਜਤਿ ਮੇਰੀ ਪਤਿ ਮੇਰੀ ਧਨੁ ਹਰਿ ਨਾਮੁ ॥ ਸੂਖ ਸਹਜ ਆਨੰਦ ਬਿਸਰਾਮ ॥੧॥ ਰਹਾਉ ॥ ਪਾਰਬ੍ਰਹਮੁ ਜਪਿ ਪਹਿਰਿ ਸਨਾਹ ॥ ਕੋਟਿ ਆਵਧ ਤਿਸੁ ਬੇਧਤ ਨਾਹਿ ॥੨॥ ਹਰਿ ਚਰਨ ਸਰਣ ਗੜ ਕੋਟ ਹਮਾਰੈ ॥ ਕਾਲੁ ਕੰਟਕੁ ਜਮੁ ਤਿਸੁ ਨ ਬਿਦਾਰੈ ॥੩॥ ਨਾਨਕੁ ਦਾਸ ਸਦਾ ਬਲਿਹਾਰੀ ॥ ਸੇਵਕ ਸੰਤ ਰਾਜਾ ਰਾਮ ਮੁਰਾਰੀ ॥੪॥੧੯॥੨੫॥

ਪਦ ਅਰਥ :—ਸੁਤ—ਪੁੱਤਰ । ਬੰਧਪ—ਰਿਸ਼ਤੇਦਾਰ । ਭਾਈ—ਭਰਾ । ਜਤ ਕਤ—ਜਿਧਰ ਕਿਧਰ । ਪੇਖਉ—ਪੇਖਉਂ, ਵੇਖਦਾ ਹਾਂ । ਸੰਗਿ—ਨਾਲ । ਸਹਾਈ—ਮਦਦਗਾਰ ।੧।

ਜਤਿ—ਜਾਤਿ । ਪਤਿ—ਇੱਜ਼ਤ । ਬਿਸਰਾਮ—ਸ਼ਾਂਤੀ ।੧।ਰਹਾਉ।

ਜਪਿ—ਜਪਿਆ ਕਰ । ਪਹਿਰਿ—ਪਹਿਨੀ ਰੱਖ । ਸਨਾਹ—{ਸਂਨਾਹ} ਸੰਜੋਅ । ਕੋਟਿ—ਕ੍ਰੋੜਾਂ । ਆਵਧ—{ਆਯੁਧ} ਹਥਿਆਰ । ਤਿਸੁ—ਉਸ (ਸਨਾਹ) ਨੂੰ । ਬੇਧਤ—ਵਿੰਨ੍ਹਦੇ ।੨।

ਗੜ—ਕਿਲ੍ਹੇ । ਕੋਟ—ਕਿਲ੍ਹੇ । ਹਮਾਰੈ—ਮੇਰੇ ਵਾਸਤੇ । ਕੰਟਕੁ—ਕੰਡਾ (ਦੁਖਦਾਈ) । ਬਿਦਾਰੈ—ਨਾਸ ਕਰਦਾ ।੩।

ਰਾਜਾ ਰਾਮ—ਹੇ ਪ੍ਰਭੂ ਪਾਤਿਸ਼ਾਹ । ਮੁਰਾਰੀ—{ਮੁਰ-ਅਰਿ} ਪ੍ਰਭੂ ।੪।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ ਮੇਰੀ (ਉੱਚੀ) ਜਾਤਿ ਹੈ, ਮੇਰੀ ਇੱਜ਼ਤ ਹੈ, ਮੇਰਾ ਧਨ ਹੈ । (ਇਸ ਦੀ ਬਰਕਤਿ ਨਾਲ ਮੇਰੇ ਅੰਦਰ) ਆਨੰਦ ਹੈ ਸ਼ਾਂਤੀ ਹੈ, ਆਤਮਕ ਅਡੋਲਤਾ ਦੇ ਸੁਖ ਹਨ ।੧।ਰਹਾਉ।

ਹੇ ਭਾਈ! ਮੈਂ ਜਿਧਰ ਕਿਧਰ ਵੇਖਦਾ ਹਾਂ, ਪਰਮਾਤਮਾ ਮੇਰੇ ਨਾਲ ਮਦਦਗਾਰ ਹੈ । ਪਰਮਾਤਮਾ ਹੀ ਮੇਰਾ ਮਿੱਤਰ ਹੈ, ਸੱਜਣ ਹੈ, ਪਰਮਾਤਮਾ ਹੀ (ਮੇਰੇ ਵਾਸਤੇ) ਪੁੱਤਰ ਰਿਸ਼ਤੇਦਾਰ ਭਰਾ ਹੈ ।੧।

ਹੇ ਭਾਈ! (ਸਦਾ) ਪਰਮਾਤਮਾ (ਦਾ ਨਾਮ) ਜਪਿਆ ਕਰ, (ਹਰਿ-ਨਾਮ ਦੀ) ਸੰਜੋਅ ਪਹਿਨੀ ਰੱਖ । ਇਸ (ਸੰਜੋਅ) ਨੂੰ (ਕਾਮਾਦਿਕ) ਕ੍ਰੋੜਾਂ ਹਥਿਆਰ ਵਿੰਨ੍ਹ ਨਹੀਂ ਸਕਦੇ ।੨।

ਹੇ ਭਾਈ! ਮੇਰੇ ਵਾਸਤੇ (ਤਾਂ) ਪਰਮਾਤਮਾ ਦੇ ਚਰਨਾਂ ਦੀ ਸਰਨ ਅਨੇਕਾਂ ਕਿਲ੍ਹੇ ਹੈ । ਇਸ (ਕਿਲ੍ਹੇ) ਨੂੰ ਦੁਖਦਾਈ ਮੌਤ (ਦਾ ਡਰ) ਨਾਸ ਨਹੀਂ ਕਰ ਸਕਦਾ ।੩।

ਹੇ ਨਾਨਕ! (ਆਖ—) ਹੇ ਪ੍ਰਭੂ-ਪਾਤਿਸ਼ਾਹ! ਹੇ ਮੁਰਾਰੀ! ਮੈਂ ਤੇਰੇ ਸੇਵਕਾਂ ਸੰਤਾਂ ਤੋਂ ਸਦਾ ਸਦਕੇ ਜਾਂਦਾ ਹਾਂ (ਜਿਨ੍ਹਾਂ ਦੀ ਸੰਗਤਿ ਵਿਚ ਤੇਰਾ ਨਾਮ ਪ੍ਰਾਪਤ ਹੁੰਦਾ ਹੈ) ।੪।੧੯।੨੫।

ਸੂਹੀ ਮਹਲਾ ੫ ॥ ਗੁਣ ਗੋਪਾਲ ਪ੍ਰਭ ਕੇ ਨਿਤ ਗਾਹਾ ॥ ਅਨਦ ਬਿਨੋਦ ਮੰਗਲ ਸੁਖ ਤਾਹਾ ॥੧॥ ਚਲੁ ਸਖੀਏ ਪ੍ਰਭੁ ਰਾਵਣ ਜਾਹਾ ॥ ਸਾਧ ਜਨਾ ਕੀ ਚਰਣੀ ਪਾਹਾ ॥੧॥ ਰਹਾਉ ॥ ਕਰਿ ਬੇਨਤੀ ਜਨ ਧੂਰਿ ਬਾਛਾਹਾ ॥ ਜਨਮ ਜਨਮ ਕੇ ਕਿਲਵਿਖ ਲਾਹਾਂ ॥੨॥ ਮਨੁ ਤਨੁ ਪ੍ਰਾਣ ਜੀਉ ਅਰਪਾਹਾ ॥ ਹਰਿ ਸਿਮਰਿ ਸਿਮਰਿ ਮਾਨੁ ਮੋਹੁ ਕਟਾਹਾਂ ॥੩॥ ਦੀਨ ਦਇਆਲ ਕਰਹੁ ਉਤਸਾਹਾ ॥ ਨਾਨਕ ਦਾਸ ਹਰਿ ਸਰਣਿ ਸਮਾਹਾ ॥੪॥੨੦॥੨੬॥ {ਪੰਨਾ ੭੪੨}

ਪਦ ਅਰਥ :—ਗਾਹਾ—ਗਾਵੀਏ । ਬਿਨੋਦ—ਖ਼ੁਸ਼ੀ । ਤਾਹਾ—ਉਹਨਾਂ ਨੂੰ ।੧।

ਸਖੀਏ—ਹੇ ਸਹੇਲੀਏ! ਰਾਵਣ ਜਾਹਾ—ਸਿਮਰਨ ਵਾਸਤੇ ਚੱਲੀਏ । ਪਾਹਾ—ਪਈਏ ।੧।ਰਹਾਉ।

ਬਾਛਾਹਾ—ਮੰਗੀਏ । ਕਿਲਵਿਖ—ਪਾਪ । ਲਾਹਾਂ—ਦੂਰ ਕਰ ਲਈਏ ।੨।

ਅਰਪਾਹਾ—ਭੇਟਾ ਕਰ ਦੇਈਏ । ਮਾਨੁ—ਅਹੰਕਾਰ । ਕਟਾਹਾਂ—ਕੱਟ ਲਈਏ ।੩।

ਉਤਸਾਹੁ—ਚਾਉ । ਸਮਾਹਾ—ਲੀਨ ਹੋ ਜਾਈਏ ।੪।

ਅਰਥ :—ਹੇ ਸਹੇਲੀਏ! ਉੱਠ, ਪ੍ਰਭੂ ਦਾ ਸਿਮਰਨ ਕਰਨ ਚੱਲੀਏ, ਸੰਤ ਜਨਾਂ ਦੇ ਚਰਨਾਂ ਵਿਚ ਜਾ ਪਈਏ ।੧।ਰਹਾਉ।

ਹੇ ਸਹੇਲੀਏ! ਗੋਪਾਲ ਪ੍ਰਭੂ ਦੇ ਗੁਣ ਸਦਾ ਗਾਂਦੇ ਰਹੀਏ । (ਜੇਹੜੇ ਗਾਂਦੇ ਹਨ) ਉਹਨਾਂ ਨੂੰ ਸੁਖ ਆਨੰਦ ਚਾਉ ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ ।੧।

ਹੇ ਸਹੇਲੀਏ! (ਪ੍ਰਭੂ ਅੱਗੇ) ਬੇਨਤੀ ਕਰ ਕੇ (ਉਸ ਪਾਸੋਂ) ਸੰਤ ਜਨਾਂ ਦੀ ਚਰਨ-ਧੂੜ ਮੰਗੀਏ, (ਅਤੇ ਆਪਣੇ) ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਲਈਏ

।੨।

ਹੇ ਸਹੇਲੀਏ! ਆਪਣਾ ਮਨ ਤਨ ਜਿੰਦ ਜਾਨ ਭੇਟਾ ਕਰ ਦੇਈਏ । ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਆਪਣੇ ਅੰਦਰੋਂ) ਅਹੰਕਾਰ ਤੇ ਮੋਹ ਦੂਰ ਕਰ ਲਈਏ ।੩।

ਹੇ ਨਾਨਕ! (ਆਖ—) ਹੇ ਦੀਨਾਂ ਉਤੇ ਦਇਆ ਕਰਨ ਵਾਲੇ ਹਰੀ! (ਮੇਰੇ ਅੰਦਰ) ਚਾਉ ਪੈਦਾ ਕਰ (ਕਿ) ਮੈਂ ਤੇਰੇ ਦਾਸਾਂ ਦੀ ਸਰਨ ਪਿਆ ਰਹਾਂ ।੪।੨੦।੨੬।

ਸੂਹੀ ਮਹਲਾ ੫ ॥ ਬੈਕੁੰਠ ਨਗਰੁ ਜਹਾ ਸੰਤ ਵਾਸਾ ॥ ਪ੍ਰਭ ਚਰਣ ਕਮਲ ਰਿਦ ਮਾਹਿ ਨਿਵਾਸਾ ॥੧॥ ਸੁਣਿ ਮਨ ਤਨ ਤੁਝੁ ਸੁਖੁ ਦਿਖਲਾਵਉ ॥ ਹਰਿ ਅਨਿਕ ਬਿੰਜਨ ਤੁਝੁ ਭੋਗ ਭੁੰਚਾਵਉ ॥੧॥ ਰਹਾਉ ॥ ਅੰਮ੍ਰਿਤ ਨਾਮੁ ਭੁੰਚੁ ਮਨ ਮਾਹੀ ॥ ਅਚਰਜ ਸਾਦ ਤਾ ਕੇ ਬਰਨੇ ਨ ਜਾਹੀ ॥੨॥ ਲੋਭੁ ਮੂਆ ਤ੍ਰਿਸਨਾ ਬੁਝਿ ਥਾਕੀ ॥ ਪਾਰਬ੍ਰਹਮ ਕੀ ਸਰਣਿ ਜਨ ਤਾਕੀ ॥੩॥ ਜਨਮ ਜਨਮ ਕੇ ਭੈ ਮੋਹ ਨਿਵਾਰੇ ॥ ਨਾਨਕ ਦਾਸ ਪ੍ਰਭ ਕਿਰਪਾ ਧਾਰੇ ॥੪॥੨੧॥੨੭॥ {ਪੰਨਾ 742}

ਪਦ ਅਰਥ :—ਬੈਕੁੰਠ—ਵਿਸ਼ਨੂ ਦਾ ਸ੍ਵਰਗ । ਰਿਦ—ਹਿਰਦਾ ।੧।

ਦਿਖਲਾਵਉ—ਦਿਖਲਾਵਉਂ, ਮੈਂ ਵਿਖਾਵਾਂ । ਬਿੰਜਨ—ਸੁਆਦਲੇ ਭੋਜਨ । ਭੁੰਚਾਵਉ—ਭੁੰਚਾਵਉਂ, ਮੈਂ ਖਿਲਾਵਾਂ ।੧।ਰਹਾਉ।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਭੁੰਚੁ—ਖਾਹ । ਸੁਦ—ਸੁਆਦ ।੨।

ਤਾਕੀ—ਤੱਕੀ । ਬੁਝਿ ਥਾਕੀ—ਮਿਟ ਕੇ ਰਹਿ ਜਾਂਦੀ ਹੈ ।੩।

ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਨਿਵਾਰੇ—ਦੂਰ ਕਰ ਦੇਂਦਾ ਹੈ ।੪।

ਅਰਥ :—ਹੇ ਭਾਈ! (ਮੇਰੀ ਗੱਲ) ਸੁਣ, (ਆ,) ਮੈਂ (ਤੇਰੇ) ਮਨ ਨੂੰ (ਤੇਰੇ) ਤਨ ਨੂੰ ਆਤਮਕ ਆਨੰਦ ਵਿਖਾ ਦਿਆਂ । ਪ੍ਰਭੂ ਦਾ ਨਾਮ (ਮਾਨੋ) ਅਨੇਕਾਂ ਸੁਆਦਲੇ ਭੋਜਨ ਹੈ, (ਆ, ਸਾਧ ਸੰਗਤਿ ਵਿਚ) ਮੈਂ ਤੈਨੂੰ ਉਹ ਸੁਆਦਲੇ ਭੋਜ ਖਵਾਵਾਂ ।੧।ਰਹਾਉ।

ਹੇ ਭਾਈ! ਜਿਸ ਥਾਂ (ਪਰਮਾਤਮਾ ਦੇ) ਸੰਤ ਜਨ ਵੱਸਦੇ ਹੋਣ, ਉਹੀ ਹੈ (ਅਸਲ) ਬੈਕੁੰਠ ਦਾ ਸ਼ਹਰ । (ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ) ਪ੍ਰਭੂ ਦੇ ਸੋਹਣੇ ਚਰਨ ਹਿਰਦੇ ਵਿਚ ਆ ਵੱਸਦੇ ਹਨ ।੧।

ਹੇ ਭਾਈ! (ਸਾਧ ਸੰਗਤਿ ਵਿਚ ਰਹਿ ਕੇ) ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (-ਭੋਜਨ) ਆਪਣੇ ਮਨ ਵਿਚ ਖਾਇਆ ਕਰ, ਇਸ ਭੋਜਨ ਦੇ ਹੈਰਾਨ ਕਰਨ ਵਾਲੇ ਸੁਆਦ ਹਨ, ਬਿਆਨ ਨਹੀਂ ਕੀਤੇ ਜਾ ਸਕਦੇ ।੨।

ਹੇ ਭਾਈ! ਜਿਨ੍ਹਾਂ ਸੰਤ ਜਨਾਂ ਨੇ (ਸਾਧ ਸੰਗਤਿ-ਬੈਕੁੰਠ ਵਿਚ ਆ ਕੇ) ਪਰਮਾਤਮਾ ਦਾ ਆਸਰਾ ਤੱਕ ਲਿਆ (ਉਹਨਾਂ ਦੇ ਅੰਦਰੋਂ) ਲੋਭ ਮੁੱਕ ਜਾਂਦਾ ਹੈ, ਤ੍ਰਿਸ਼ਨਾ ਦੀ ਅੱਗ ਬੁੱਝ ਕੇ ਖ਼ਤਮ ਹੋ ਜਾਂਦੀ ਹੈ ।੩।

ਹੇ ਨਾਨਕ! (ਆਖ—ਹੇ ਭਾਈ!) ਪ੍ਰਭੂ ਆਪਣੇ ਦਾਸਾਂ ਉਤੇ ਮੇਹਰ ਕਰਦਾ ਹੈ, ਅਤੇ, ਉਹਨਾਂ ਦੇ ਅਨੇਕਾਂ ਜਨਮਾਂ ਦੇ ਡਰ ਮੋਹ ਦੂਰ ਕਰ ਦੇਂਦਾ ਹੈ ।੪।੨੧।੨੭।

ਸੂਹੀ ਮਹਲਾ ੫ ॥ ਅਨਿਕ ਬੀਂਗ ਦਾਸ ਕੇ ਪਰਹਰਿਆ ॥ ਕਰਿ ਕਿਰਪਾ ਪ੍ਰਭਿ ਅਪਨਾ ਕਰਿਆ ॥੧॥ ਤੁਮਹਿ ਛਡਾਇ ਲੀਓ ਜਨੁ ਅਪਨਾ ॥ ਉਰਝਿ ਪਰਿਓ ਜਾਲੁ ਜਗੁ ਸੁਪਨਾ ॥੧॥ ਰਹਾਉ ॥ ਪਰਬਤ ਦੋਖ ਮਹਾ ਬਿਕਰਾਲਾ ॥ ਖਿਨ ਮਹਿ ਦੂਰਿ ਕੀਏ ਦਇਆਲਾ ॥੨॥ ਸੋਗ ਰੋਗ ਬਿਪਤਿ ਅਤਿ ਭਾਰੀ ॥ ਦੂਰਿ ਭਈ ਜਪਿ ਨਾਮੁ ਮੁਰਾਰੀ ॥੩॥ ਦ੍ਰਿਸਟਿ ਧਾਰਿ ਲੀਨੋ ਲੜਿ ਲਾਇ ॥ ਹਰਿ ਚਰਣ ਗਹੇ ਨਾਨਕ ਸਰਣਾਇ ॥੪॥੨੨॥੨੮॥ {ਪੰਨਾ 742}

ਪਦ ਅਰਥ :—ਬੀਂਗ—ਵਿੰਗ, ਵਲ-ਛਲ, ਉਕਾਈਆਂ । ਪਰਹਰਿਆ—ਦੂਰ ਕਰ ਦਿੱਤੇ । ਕਰਿ—ਕਰ ਕੇ । ਪ੍ਰਭਿ—ਪ੍ਰਭੂ ਨੇ । ਕਰਿਆ—ਬਣਾ ਲਿਆ ।੧।

ਤੁਮਹਿ—ਤੂੰ ਆਪ ਹੀ । ਜਨੁ—ਸੇਵਕ । ਉਰਝਿ ਪਰਿਓ—ਉਲਝ ਪਿਆ ਸੀ ।੧।ਰਹਾਉ।

ਪਰਬਤ ਦੋਖ—ਪਹਾੜ ਜੇਡੇ ਐਬ । ਬਿਕਰਾਲਾ—ਡਰਾਉਣੇ ।੨।

ਸੋਗ—ਗ਼ਮ । ਜਪਿ—ਜਪ ਕੇ ।੩।

ਦ੍ਰਿਸਟਿ—(ਕਿਰਪਾ ਦੀ) ਨਜ਼ਰ । ਧਾਰਿ—ਕਰ ਕੇ । ਲੜਿ—ਲੜ ਨਾਲ । ਗਹੇ—ਫੜੇ ।੪।

ਅਰਥ :—ਹੇ ਪ੍ਰਭੂ! ਸੁਪਨੇ ਵਰਗੇ ਜਗਤ (ਦਾ ਮੋਹ-) ਜਾਲ (ਤੇਰੇ ਸੇਵਕ ਦੇ ਦੁਆਲੇ) ਚੀੜ੍ਹਾ ਹੋ ਗਿਆ ਸੀ, ਪਰ ਤੂੰ ਆਪਣੇ ਸੇਵਕ ਨੂੰ (ਉਸ ਵਿਚੋਂ) ਆਪ ਕੱਢ ਲਿਆ ।੧।ਰਹਾਉ।

ਹੇ ਭਾਈ! ਪ੍ਰਭੂ ਨੇ ਆਪਣੇ ਸੇਵਕ ਦੇ ਅਨੇਕਾਂ ਵਿੰਗ ਦੂਰ ਕਰ ਦਿੱਤੇ, ਤੇ ਕਿਰਪਾ ਕਰ ਕੇ ਉਸ ਨੂੰ ਆਪਣਾ ਬਣਾ ਲਿਆ ਹੈ ।੧।

ਹੇ ਭਾਈ! (ਸਰਨ ਆਏ ਮਨੁੱਖ ਦੇ) ਪਹਾੜਾਂ ਜੇਡੇ ਵੱਡੇ ਤੇ ਭਿਆਨਕ ਐਬ ਦੀਨਾਂ ਉਤੇ ਦਇਆ ਕਰਨ ਵਾਲੇ ਪਰਮਾਤਮਾ ਨੇ ਇਕ ਛਿਨ ਵਿਚ ਦੂਰ ਕਰ ਦਿੱਤੇ ।੨।

ਹੇ ਭਾਈ! (ਸੇਵਕ ਦੇ) ਅਨੇਕਾਂ ਗ਼ਮ ਤੇ ਰੋਗ ਵੱਡੀਆਂ ਭਾਰੀਆਂ ਮੁਸੀਬਤਾਂ ਪਰਮਾਤਮਾ ਦਾ ਨਾਮ ਜਪ ਕੇ ਦੂਰ ਹੋ ਗਈਆਂ ।੩।

ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦੇ ਚਰਨ ਫੜ ਲਏ, ਜੋ ਮਨੁੱਖ ਪ੍ਰਭੂ ਦੀ ਸਰਨ ਆ ਪਿਆ, ਪਰਮਾਤਮਾ ਨੇ ਮੇਹਰ ਦੀ ਨਿਗਾਹ ਕਰ ਕੇ ਉਸ ਨੂੰ ਆਪਣੇ ਲੜ ਲਾ ਲਿਆ ।੪।੨੨।੨੮।

ਨੋਟ :—ਸਾਰਾ ਸ਼ਬਦ "ਭੂਤ ਕਾਲ" ਵਿਚ ਹੈ, ਇਸ ਦਾ ਭਾਵ 'ਸਦਾ ਵਾਸਤੇ' ਸਮਝਣਾ ਹੈ । ਅਰਥ 'ਵਰਤਮਾਨ ਕਾਲ' ਵਿਚ ਕਰ ਲੈਣਾ ਹੈ ।

ਸੂਹੀ ਮਹਲਾ ੫ ॥ ਦੀਨੁ ਛਡਾਇ ਦੁਨੀ ਜੋ ਲਾਏ ॥ ਦੁਹੀ ਸਰਾਈ ਖੁਨਾਮੀ ਕਹਾਏ ॥੧॥ ਜੋ ਤਿਸੁ ਭਾਵੈ ਸੋ ਪਰਵਾਣੁ ॥ ਆਪਣੀ ਕੁਦਰਤਿ ਆਪੇ ਜਾਣੁ ॥੧॥ ਰਹਾਉ ॥ ਸਚਾ ਧਰਮੁ ਪੁੰਨੁ ਭਲਾ ਕਰਾਏ ॥ ਦੀਨ ਕੈ ਤੋਸੈ ਦੁਨੀ ਨ ਜਾਏ ॥੨॥ ਸਰਬ ਨਿਰੰਤਰਿ ਏਕੋ ਜਾਗੈ ॥ ਜਿਤੁ ਜਿਤੁ ਲਾਇਆ ਤਿਤੁ ਤਿਤੁ ਕੋ ਲਾਗੈ ॥੩॥ ਅਗਮ ਅਗੋਚਰੁ ਸਚੁ ਸਾਹਿਬੁ ਮੇਰਾ ॥ ਨਾਨਕੁ ਬੋਲੈ ਬੋਲਾਇਆ ਤੇਰਾ ॥੪॥੨੩॥੨੯॥ {ਪੰਨਾ 743}

ਪਦ ਅਰਥ :—ਦੀਨੁ—ਧਰਮ, ਨਾਮ-ਧਨ । ਦੁਨੀ—ਦੁਨੀਆ ਵਾਲੇ ਪਾਸੇ । ਜੋ—ਜਿਸ ਮਨੁੱਖ ਨੂੰ । ਲਾਏ—(ਪਰਮਾਤਮਾ) ਲਾਂਦਾ ਹੈ । ਦੁਹੀ ਸਰਾਈ—ਦੋਹਾਂ ਲੋਕਾਂ ਵਿਚ । ਖੁਨਾਮੀ—ਗੁਨਹਗਾਰ, ਅਪਰਾਧੀ । ਕਹਾਏ—ਅਖਵਾਂਦਾ ਹੈ ।੧।

ਤਿਸੁ—ਉਸ (ਪਰਮਾਤਮਾ) ਨੂੰ । ਭਾਵੈ—ਚੰਗਾ ਲੱਗਦਾ ਹੈ । ਜਾਣੁ—ਜਾਣੂ, ਜਾਣਨ ਵਾਲਾ ।੧।ਰਹਾਉ।

ਸਚਾ—ਸਦਾ ਕਾਇਮ ਰਹਿਣ ਵਾਲਾ । ਭਲਾ—ਭਲਾ ਕੰਮ । ਦੀਨ ਕੈ ਤੋਸੈ—ਨਾਮ-ਧਨ ਇਕੱਠੇ ਕਰਨ ਨਾਲ । ਨ ਜਾਏ—ਨਹੀਂ ਵਿਗੜਦਾ ।੨।

ਸਰਬ ਨਿਰੰਤਰਿ—ਸਭਨਾਂ ਦੇ ਅੰਦਰ ਇਕ-ਰਸ {ਅੰਤਰੁ—ਵਿੱਥ} । ਏਕੋ—ਇਕ ਪਰਮਾਤਮਾ ਹੀ । ਜਿਤੁ—ਜਿਸ ਪਾਸੇ । ਕੋ—ਕੋਈ ।੩।

ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ । ਗੋ—ਗਿਆਨ-ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਸਚੁ—ਸਦਾ-ਥਿਰ ਰਹਿਣ ਵਾਲਾ ।੪।

ਅਰਥ :—ਹੇ ਭਾਈ! ਪਰਮਾਤਮਾ ਆਪਣੀ ਰਚੀ ਸ੍ਰਿਸ਼ਟੀ ਬਾਰੇ ਆਪ ਹੀ ਸਭ ਕੁਝ ਜਾਣਨ ਵਾਲਾ ਹੈ । ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਜੀਵਾਂ ਨੂੰ ਉਹੀ ਕੁਝ ਸਿਰ-ਮੱਥੇ ਮੰਨਣਾ ਪੈਂਦਾ ਹੈ (ਉਹੀ ਕੁਝ ਜੀਵ ਕਰਦੇ ਹਨ) ।੧।ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨਾਮ-ਧਨ ਵਿਹਾਝਣ ਵਲੋਂ ਹਟਾ ਕੇ ਦੁਨੀਆ ਦੇ ਧਨ ਵਲ ਲਾ ਦੇਂਦਾ ਹੈ, ਉਹ ਮਨੁੱਖ ਦੋਹਾਂ ਜਹਾਨਾਂ ਵਿਚ (ਇਸ ਲੋਕ ਤੇ ਪਰਲੋਕ ਵਿਚ) ਗੁਨਹਗਾਰ ਅਖਵਾਂਦਾ ਹੈ ।੧।

ਹੇ ਭਾਈ! (ਜਿਸ ਮਨੁੱਖ ਪਾਸੋਂ ਪਰਮਾਤਮਾ) ਸਦਾ-ਥਿਰ ਰਹਿਣ ਵਾਲਾ (ਨਾਮ-ਸਿਮਰਨ-) ਧਰਮ ਕਰਾਂਦਾ ਹੈ, (ਨਾਮ-ਸਿਮਰਨ ਦਾ) ਨੇਕ ਭਲਾ ਕੰਮ ਕਰਾਂਦਾ ਹੈ, ਨਾਮ-ਧਨ ਇਕੱਠਾ ਕਰਦਿਆਂ ਉਸ ਦੀ ਇਹ ਦੁਨੀਆ ਭੀ ਨਹੀਂ ਵਿਗੜਦੀ ।੨।

ਹੇ ਭਾਈ! (ਜੀਵਾਂ ਦੇ ਕੀਹ ਵੱਸ?) ਹਰੇਕ ਜੀਵ ਉਸੇ ਉਸੇ ਕੰਮ ਵਿਚ ਲੱਗਦਾ ਹੈ ਜਿਸ ਜਿਸ ਕੰਮ ਵਿਚ ਪਰਮਾਤਮਾ ਲਾਂਦਾ ਹੈ ।੩।

ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮੇਰਾ ਮਾਲਕ ਹੈਂ, ਤੂੰ ਅਪਹੁੰਚ ਹੈਂ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚਿਆ ਨਹੀਂ ਜਾ ਸਕਦਾ । (ਤੇਰਾ ਦਾਸ) ਨਾਨਕ ਤੇਰਾ ਪ੍ਰੇਰਿਆ ਹੋਇਆ ਹੀ ਤੇਰਾ ਨਾਮ ਉਚਾਰ ਸਕਦਾ ਹੈ ।੪।੨੩।੨੯।

ਸੂਹੀ ਮਹਲਾ ੫ ॥ ਪ੍ਰਾਤਹ ਕਾਲਿ ਹਰਿ ਨਾਮੁ ਉਚਾਰੀ ॥ ਈਤ ਊਤ ਕੀ ਓਟ ਸਵਾਰੀ ॥੧॥ ਸਦਾ ਸਦਾ ਜਪੀਐ ਹਰਿ ਨਾਮ ॥ ਪੂਰਨ ਹੋਵਹਿ ਮਨ ਕੇ ਕਾਮ ॥੧॥ ਰਹਾਉ ॥ ਪ੍ਰਭੁ ਅਬਿਨਾਸੀ ਰੈਣਿ ਦਿਨੁ ਗਾਉ ॥ ਜੀਵਤ ਮਰਤ ਨਿਹਚਲੁ ਪਾਵਹਿ ਥਾਉ ॥੨॥ ਸੋ ਸਾਹੁ ਸੇਵਿ ਜਿਤੁ ਤੋਟਿ ਨ ਆਵੈ ॥ ਖਾਤ ਖਰਚਤ ਸੁਖਿ ਅਨਦਿ ਵਿਹਾਵੈ ॥੩॥ ਜਗਜੀਵਨ ਪੁਰਖੁ ਸਾਧ ਸੰਗਿ ਪਾਇਆ ॥ ਗੁਰ ਪ੍ਰਸਾਦਿ ਨਾਨਕ ਨਾਮੁ ਧਿਆਇਆ ॥੪॥੨੪॥੩੦॥ {ਪੰਨਾ 743}

ਪਦ ਅਰਥ :—ਕਾਲਿ—ਸਮੇ ਵਿਚ । ਪ੍ਰਾਤਹ—ਪ੍ਰਭਾਤ, ਸਵੇਰ । ਪ੍ਰਾਤਹ ਕਾਲਿ—ਅੰਮ੍ਰਿਤ ਵੇਲੇ । ਉਚਾਰੀ—ਉਚਾਰਿ, ਉਚਾਰਿਆ ਕਰ । ਈਤ ਊਤ ਕੀ—ਇਸ ਲੋਕ ਤੇ ਪਰਲੋਕ ਦੀ । ਓਟ—ਆਸਰਾ । ਸਵਾਰੀ—ਸਵਾਰਿ, ਸੋਹਣਾ ਬਣਾ ਲੈ ।੧।

ਜਪੀਐ—ਜਪਣਾ ਚਾਹੀਦਾ ਹੈ । ਹੋਵਹਿ—ਹੋ ਜਾਂਦੇ ਹਨ । ਮਨ ਕੇ ਕਾਮ—ਮਨ ਦੇ ਕਲਪੇ ਹੋਏ ਕੰਮ ।੧।ਰਹਾਉ।

ਅਬਿਨਾਸੀ—ਨਾਸ-ਰਹਿਤ । ਰੈਣਿ—ਰਾਤ । ਗਾਉ—ਗਾਇਆ ਕਰ । ਜੀਵਤ ਮਰਤ—ਦੁਨੀਆ ਦੀ ਕਾਰ ਕਰਦਿਆਂ, ਨਿਰਮੋਹ ਰਿਹਾਂ । ਪਾਵਹਿ—ਤੂੰ ਪ੍ਰਾਪਤ ਕਰ ਲਏਂਗਾ ।੨।

ਸਾਹੁ—ਸ਼ਾਹ, ਨਾਮ-ਧਨ ਦਾ ਮਾਲਕ । ਸੇਵਿ—ਸਰਨ ਪਿਆ ਰਹੁ । ਜਿਤੁ—ਜਿਸ (ਧਨ) ਵਿਚ । ਤੋਟਿ—ਘਾਟਾ । ਖਾਤ ਖਰਚਤ—ਵਰਤਦਿਆਂ ਤੇ ਵੰਡਦਿਆਂ । ਸੁਖਿ—ਸੁਖ ਵਿਚ । ਵਿਹਾਵੈ—ਉਮਰ ਬੀਤਦੀ ਹੈ ।੩।

ਪੁਰਖੁ—ਸਰਬ-ਵਿਆਪਕ ਪ੍ਰਭੂ । ਸੰਗਿ—ਸੰਗਤਿ ਵਿਚ । ਪ੍ਰਸਾਦਿ—ਕਿਰਪਾ ਨਾਲ ।੪।

ਅਰਥ :—ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ ਚਾਹੀਦਾ ਹੈ । (ਸਿਮਰਨ ਦੀ ਬਰਕਤਿ ਨਾਲ) ਮਨ ਦੇ ਚਿਤਵੇ ਹੋਏ ਸਾਰੇ ਕੰਮ ਸਫਲ ਹੋ ਜਾਂਦੇ ਹਨ ।੧।ਰਹਾਉ।

ਹੇ ਭਾਈ! ਅੰਮ੍ਰਿਤ ਵੇਲੇ (ਉੱਠ ਕੇ) ਪਰਮਾਤਮਾ ਦਾ ਨਾਮ ਸਿਮਰਿਆ ਕਰ, (ਇਸ ਤਰ੍ਹਾਂ) ਇਸ ਲੋਕ ਅਤੇ ਪਰਲੋਕ ਵਾਸਤੇ ਸੋਹਣਾ ਆਸਰਾ ਬਣਾਂਦਾ ਰਿਹਾ

ਕਰ ।੧।

ਹੇ ਭਾਈ! ਰਾਤ ਦਿਨ ਅਬਿਨਾਸ਼ੀ ਪ੍ਰਭੂ (ਦੀ ਸਿਫ਼ਤਿ-ਸਾਲਾਹ ਦੇ ਗੀਤ) ਗਾਇਆ ਕਰ । (ਇਸ ਤਰ੍ਹਾਂ) ਦੁਨੀਆ ਦੀ ਕਾਰ ਕਰਦਾ ਹੋਇਆ ਨਿਰਮੋਹ ਰਹਿ ਕੇ ਤੂੰ (ਪ੍ਰਭੂ-ਚਰਨਾਂ ਵਿਚ) ਸਦਾ ਕਾਇਮ ਰਹਿਣ ਵਾਲੀ ਥਾਂ ਪ੍ਰਾਪਤ ਕਰ ਲਏਂਗਾ ।੨।

ਹੇ ਭਾਈ! ਨਾਮ-ਧਨ ਦੇ ਮਾਲਕ ਉਸ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰ, (ਉਸ ਪਾਸੋਂ ਐਸਾ ਧਨ ਮਿਲਦਾ ਹੈ) ਜਿਸ ਧਨ ਵਿਚ ਕਦੇ ਘਾਟਾ ਨਹੀਂ ਪੈਂਦਾ । ਉਸ ਧਨ ਨੂੰ ਆਪ ਵਰਤਦਿਆਂ ਹੋਰਨਾਂ ਵਿਚ ਵਰਤਾਂਦਿਆਂ ਜ਼ਿੰਦਗੀ ਸੁਖ ਆਨੰਦ ਨਾਲ ਬੀਤਦੀ ਹੈ ।੩।

ਹੇ ਨਾਨਕ! ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, ਉਸ ਨੇ ਜਗਤ ਦੇ ਜੀਵਨ ਸਰਬ-ਵਿਆਪਕ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ।੪।੨੪।੩੦।

ਸੂਹੀ ਮਹਲਾ ੫ ॥ ਗੁਰ ਪੂਰੇ ਜਬ ਭਏ ਦਇਆਲ ॥ ਦੁਖ ਬਿਨਸੇ ਪੂਰਨ ਭਈ ਘਾਲ ॥੧॥ ਪੇਖਿ ਪੇਖਿ ਜੀਵਾ ਦਰਸੁ ਤੁਮ੍ਹਾਰਾ ॥ ਚਰਣ ਕਮਲ ਜਾਈ ਬਲਿਹਾਰਾ ॥ ਤੁਝ ਬਿਨੁ ਠਾਕੁਰ ਕਵਨੁ ਹਮਾਰਾ ॥੧॥ ਰਹਾਉ ॥ ਸਾਧ ਸੰਗਤਿ ਸਿਉ ਪ੍ਰੀਤਿ ਬਣਿ ਆਈ ॥ ਪੂਰਬ ਕਰਮਿ ਲਿਖਤ ਧੁਰਿ ਪਾਈ ॥੨॥ ਜਪਿ ਹਰਿ ਹਰਿ ਨਾਮੁ ਅਚਰਜੁ ਪਰਤਾਪ ॥ ਜਾਲਿ ਨ ਸਾਕਹਿ ਤੀਨੇ ਤਾਪ ॥੩॥ ਨਿਮਖ ਨ ਬਿਸਰਹਿ ਹਰਿ ਚਰਣ ਤੁਮ੍ਹਾਰੇ ॥ ਨਾਨਕੁ ਮਾਗੈ ਦਾਨੁ ਪਿਆਰੇ ॥੪॥੨੫॥੩੧॥ {ਪੰਨਾ ੭੪੩}

ਪਦ ਅਰਥ :—ਦਇਆਲ—ਦਇਆਵਾਨ । ਬਿਨਸੇ—ਨਾਸ ਹੋ ਜਾਂਦੇ ਹਨ । ਪੂਰਨ—ਸਫਲ । ਘਾਲ—(ਸੇਵਾ-ਭਗਤੀ ਦੀ) ਮੇਹਨਤ ।੧।

ਪੇਖਿ—ਵੇਖ ਕੇ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ । ਜਾਈ—ਜਾਈਂ, ਮੈਂ ਜਾਵਾਂ । ਬਲਿਹਾਰਾ—ਸਦਕੇ, ਕੁਰਬਾਨ । ਠਾਕੁਰ—ਹੇ ਮਾਲਕ! ।੧।ਰਹਾਉ।

ਸਿਉ—ਨਾਲ । ਪੂਰਬ ਕਰਮਿ—ਪੂਰਬਲੇ ਜਨਮਾਂ ਦੇ ਕੀਤੇ ਕਰਮ ਅਨੁਸਾਰ । ਧੁਰਿ—ਧੁਰ ਦਰਗਾਹ ਤੋਂ ।੨।

ਅਚਰਜੁ—ਹੈਰਾਨ ਕਰਨ ਵਾਲਾ । ਪਰਤਾਪ—ਤੇਜ । ਜਾਲਿ ਨ ਸਾਕਹਿ—ਸਾੜ ਨਹੀਂ ਸਕਣਗੇ । ਤੀਨੇ ਤਾਪ—ਆਧਿ, ਬਿਆਧਿ, ਉਪਾਧਿ (ਇਹ ਤਿੰਨ ਹੀ ਤਾਪ) ।੩।

ਨਿਮਖ—ਅੱਖ ਝਮਕਣ ਜਿਤਨਾ ਸਮਾ । ਹਰਿ—ਹੇ ਹਰੀ! ਨਾਨਕੁ ਮਾਗੈ—ਨਾਨਕ ਮੰਗਦਾ ਹੈ ।੪।

ਅਰਥ :—ਹੇ ਪ੍ਰਭੂ! (ਮੇਹਰ ਕਰ) ਤੇਰਾ ਦਰਸਨ ਸਦਾ ਕਰ ਕਰ ਕੇ ਮੈਨੂੰ ਆਤਮਕ ਜੀਵਨ ਮਿਲਦਾ ਰਹੇ, ਮੈਂ ਤੇਰੇ ਸੋਹਣੇ ਚਰਨਾਂ ਤੋਂ ਸਦਕੇ ਹੁੰਦਾ ਰਹਾਂ ।੧।ਰਹਾਉ।

ਹੇ ਭਾਈ! ਜਦੋਂ (ਕਿਸੇ ਮਨੁੱਖ ਉਤੇ) ਪੂਰੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ (ਉਹ ਮਨੁੱਖ ਹਰਿ-ਨਾਮ ਸਿਮਰਦਾ ਹੈ, ਉਸ ਦੀ ਇਹ) ਮੇਹਨਤ ਸਫਲ ਹੋ ਜਾਂਦੀ ਹੈ, ਤੇ ਉਸ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ ।੧।

ਹੇ ਭਾਈ! ਪੂਰਬਲੇ ਜਨਮਾਂ ਦੇ ਕੀਤੇ ਕਰਮ ਅਨੁਸਾਰ ਧੁਰ ਦਰਗਾਹ ਤੋਂ ਜਿਸ ਮਨੁੱਖ ਦੇ ਉਤੇ ਲਿਖਿਆ ਲੇਖ ਉੱਘੜਦਾ ਹੈ, ਉਸ ਮਨੁੱਖ ਦਾ ਪਿਆਰ ਗੁਰੂ ਦੀ ਸੰਗਤਿ ਨਾਲ ਬਣ ਜਾਂਦਾ ਹੈ ।੨।

ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ, ਅਜੇਹਾ ਹੈਰਾਨ ਕਰਨ ਵਾਲਾ ਆਤਮਕ ਤੇਜ ਪ੍ਰਾਪਤ ਹੁੰਦਾ ਹੈ ਕਿ (ਆਧਿ, ਬਿਆਧਿ, ਉਪਾਧਿ—ਇਹ) ਤਿੰਨੇ ਹੀ ਤਾਪ (ਆਤਮਕ ਜੀਵਨ ਨੂੰ) ਸਾੜ ਨਹੀਂ ਸਕਣਗੇ ।੩।

ਹੇ ਹਰੀ! ਹੇ ਪਿਆਰੇ! (ਤੇਰੇ ਦਰ ਤੋਂ ਤੇਰਾ ਦਾਸ) ਨਾਨਕ (ਇਹ) ਦਾਨ ਮੰਗਦਾ ਹੈ ਕਿ ਤੇਰੇ ਚਰਨ (ਨਾਨਕ ਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁੱਲਣ ।੪।੨੫।੩੧।

ਸੂਹੀ ਮਹਲਾ ੫ ॥ ਸੇ ਸੰਜੋਗ ਕਰਹੁ ਮੇਰੇ ਪਿਆਰੇ ॥ ਜਿਤੁ ਰਸਨਾ ਹਰਿ ਨਾਮੁ ਉਚਾਰੇ ॥੧॥ ਸੁਣਿ ਬੇਨਤੀ ਪ੍ਰਭ ਦੀਨ ਦਇਆਲਾ ॥ ਸਾਧ ਗਾਵਹਿ ਗੁਣ ਸਦਾ ਰਸਾਲਾ ॥੧॥ ਰਹਾਉ ॥ ਜੀਵਨ ਰੂਪੁ ਸਿਮਰਣੁ ਪ੍ਰਭ ਤੇਰਾ ॥ ਜਿਸੁ ਕ੍ਰਿਪਾ ਕਰਹਿ ਬਸਹਿ ਤਿਸੁ ਨੇਰਾ ॥੨॥ ਜਨ ਕੀ ਭੂਖ ਤੇਰਾ ਨਾਮੁ ਅਹਾਰੁ ॥ ਤੂੰ ਦਾਤਾ ਪ੍ਰਭ ਦੇਵਣਹਾਰੁ ॥੩॥ ਰਾਮ ਰਮਤ ਸੰਤਨ ਸੁਖੁ ਮਾਨਾ ॥ ਨਾਨਕ ਦੇਵਨਹਾਰ ਸੁਜਾਨਾ ॥੪॥੨੬॥੩੨॥ {ਪੰਨਾ ੭੪੩}

ਪਦ ਅਰਥ :—ਸੇ—ਉਹ {ਬਹੁ-ਵਚਨ} । ਸੰਜੋਗ—ਸ਼ੁਭ ਲਗਨ, ਚੰਗਾ ਢੋ । ਜਿਤੁ—ਜਿਸ (ਢੋ) ਦੇ ਕਾਰਨ । ਰਸਨਾ—ਜੀਭ ।੧।

ਪ੍ਰਭ—ਹੇ ਪ੍ਰਭੂ! ਗਾਵਹਿ—ਗਾਂਦੇ ਹਨ । ਰਸਾਲਾ—ਰਸ-ਭਰੇ ।੧।ਰਹਾਉ।

ਬਸਹਿ—ਤੂੰ ਵੱਸਦਾ ਹੈਂ । ਨੇਰਾ—ਨੇੜੇ, ਹਿਰਦੇ ਵਿਚ ।੨।

ਆਹਾਰੁ—ਖ਼ੁਰਾਕ ।੩।

ਰਮਤ—ਸਿਮਰਦਿਆਂ । ਸੁਜਾਨਾ—ਸਿਆਣਾ ।੪।

ਅਰਥ :—ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੀ) ਬੇਨਤੀ ਸੁਣ, (ਜਿਵੇਂ) ਸੰਤ ਜਨ ਸਦਾ ਤੇਰੇ ਰਸ-ਭਰੇ ਗੁਣ ਗਾਂਦੇ ਰਹਿੰਦੇ ਹਨ (ਤਿਵੇਂ ਮੈਂ ਭੀ ਗਾਂਦਾ ਰਹਾਂ) ।੧।ਰਹਾਉ।

ਹੇ ਮੇਰੇ ਪਿਆਰੇ! (ਮੇਰੇ ਵਾਸਤੇ) ਉਹ ਢੋ ਢੁਕਾ, ਜਿਸ ਦੀ ਰਾਹੀਂ (ਮੇਰੀ) ਜੀਭ ਤੇਰਾ ਨਾਮ ਉਚਾਰਦੀ ਰਹੇ ।੧।

ਹੇ ਪ੍ਰਭੂ! ਤੇਰਾ ਨਾਮ ਸਿਮਰਨਾ (ਅਸਾਂ ਜੀਵਾਂ ਵਾਸਤੇ) ਆਤਮਕ ਜੀਵਨ ਦੇ ਬਰਾਬਰ ਹੈ । ਜਿਸ ਮਨੁੱਖ ਉੱਤੇ ਤੂੰ ਕਿਰਪਾ ਕਰਦਾ ਹੈਂ, ਉਸ ਦੇ ਹਿਰਦੇ ਵਿਚ ਆ ਵੱਸਦਾ ਹੈਂ ।੨।

ਹੇ ਪ੍ਰਭੂ! ਤੇਰੇ ਸੰਤ ਜਨਾਂ ਦੀ (ਆਤਮਕ) ਭੁਖ (ਦੂਰ ਕਰਨ ਲਈ) ਤੇਰਾ ਨਾਮ ਖ਼ੁਰਾਕ ਹੈ । ਇਹ ਖ਼ੁਰਾਕ ਤੂੰ ਹੀ ਦੇਂਦਾ ਹੈਂ, ਤੂੰ ਹੀ ਦੇ ਸਕਦਾ ਹੈਂ ।੩।

ਹੇ ਨਾਨਕ! ਸੰਤ ਜਨ ਉਸ ਪਰਮਾਤਮਾ ਦਾ ਨਾਮ ਸਿਮਰ ਕੇ ਆਤਮਕ ਆਨੰਦ ਮਾਣਦੇ ਰਹਿੰਦੇ ਹਨ, ਜੋ ਸਭ ਕੁਝ ਦੇਣ ਦੇ ਸਮਰਥ ਹੈ ਅਤੇ ਜੋ (ਹਰ ਗੱਲੇ) ਸਿਆਣਾ ਹੈ ।੪।੨੬।੩੨।

ਸੂਹੀ ਮਹਲਾ ੫ ॥ ਬਹਤੀ ਜਾਤ ਕਦੇ ਦ੍ਰਿਸਟਿ ਨ ਧਾਰਤ ॥ ਮਿਥਿਆ ਮੋਹ ਬੰਧਹਿ ਨਿਤ ਪਾਰਚ ॥੧॥ ਮਾਧਵੇ ਭਜੁ ਦਿਨ ਨਿਤ ਰੈਣੀ ॥ ਜਨਮੁ ਪਦਾਰਥੁ ਜੀਤਿ ਹਰਿ ਸਰਣੀ ॥੧॥ ਰਹਾਉ ॥ ਕਰਤ ਬਿਕਾਰ ਦੋਊ ਕਰ ਝਾਰਤ ॥ ਰਾਮ ਰਤਨੁ ਰਿਦ ਤਿਲੁ ਨਹੀ ਧਾਰਤ ॥੨॥ ਭਰਣ ਪੋਖਣ ਸੰਗਿ ਅਉਧ ਬਿਹਾਣੀ ॥ ਜੈ ਜਗਦੀਸ ਕੀ ਗਤਿ ਨਹੀ ਜਾਣੀ ॥੩॥ ਸਰਣਿ ਸਮਰਥ ਅਗੋਚਰ ਸੁਆਮੀ ॥ ਉਧਰੁ ਨਾਨਕ ਪ੍ਰਭ ਅੰਤਰਜਾਮੀ ॥੪॥੨੭॥੩੩॥ {ਪੰਨਾ ੭੪੩}

ਪਦ ਅਰਥ :—ਬਹਤੀ ਜਾਤ—(ਉਮਰ ਦੀ ਨਦੀ) ਵਹਿੰਦੀ ਜਾ ਰਹੀ ਹੈ । ਦ੍ਰਿਸਟਿ—ਨਿਗਾਹ, ਧਿਆਨ । ਮਿਥਿਆ—ਨਾਸਵੰਤ । ਪਾਰਚ—ਪਾਰਚੇ, ਕੱਪੜੇ, ਬਾਨ੍ਹਣੂ । ਮਿਥਿਆ ਮੋਹ ਪਾਰਚ—ਨਾਸਵੰਤ ਪਦਾਰਥਾਂ ਦੇ ਮੋਹ ਦੇ ਬਾਨ੍ਹਣੂ । ਬੰਧਹਿ—ਤੂੰ ਬੰਨ੍ਹਦਾ ਹੈਂ ।੧।

ਮਾਧਵੇ—{ਮਾ-ਧਵ । ਮਾਇਆ ਦਾ ਪਤੀ} ਪਰਮਾਤਮਾ ਨੂੰ । ਭਜੁ—ਸਿਮਰਦਾ ਰਹੁ । ਰੈਣੀ—ਰਾਤ । ਜੀਤਿ—ਜਿੱਤ ਲੈ ।੧।ਰਹਾਉ।

ਦੋਊ ਕਰ—ਦੋਵੇਂ ਹੱਥ । ਦੋਊ ਕਰ ਝਾਰਤ—ਦੋਵੇਂ ਹੱਥ ਝਾੜਦਿਆਂ, ਦੋਵੇਂ ਹੱਥ ਥੋ ਕੇ, ਅੱਗਾ ਪਿੱਛਾ ਸੋਚਣ ਤੋਂ ਬਿਨਾ । ਰਿਦ—ਹਿਰਦੇ ਵਿਚ । ਤਿਲੁ—ਰਤਾ ਭਰ ਸਮੇ ਲਈ ।੨।

ਭਰਣ ਪੋਖਣ—ਪਾਲਣ ਪੋਸਣ । ਸੰਗਿ—ਨਾਲ । ਅਉਧ—ਉਮਰ । ਜੈ ਜਗਦੀਸ—ਜਗਤ ਦੇ ਈਸ਼ (ਮਾਲਕ) ਦੀ ਜੈ ਹੋਵੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ । ਗਤਿ—ਆਤਮਕ ਅਵਸਥਾ, ਆਤਮਕ ਆਨੰਦ ਦੀ ਅਵਸਥਾ ।੩।

ਸਮਰਥ—ਹੇ ਸਭ ਤਾਕਤਾਂ ਦੇ ਮਾਲਕ! ਅਗੋਚਰ—ਹੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ! ਉਧਰੁ—(ਮੈਨੂੰ ਵਿਕਾਰਾਂ ਤੋਂ) ਬਚਾ ਲੈ ।੪।

ਅਰਥ :—ਹੇ ਭਾਈ! ਦਿਨ ਰਾਤ ਸਦਾ ਮਾਇਆ ਦੇ ਪਤੀ ਪ੍ਰਭੂ ਦਾ ਨਾਮ ਜਪਿਆ ਕਰ । ਪ੍ਰਭੂ ਦੀ ਸਰਨ ਪੈ ਕੇ ਕੀਮਤੀ ਮਨੁੱਖਾ ਜਨਮ ਦਾ ਲਾਭ ਖੱਟ ਲੈ ।੧।

ਹੇ ਭਾਈ! (ਤੇਰੀ ਉਮਰ ਦੀ ਨਦੀ) ਵਹਿੰਦੀ ਜਾ ਰਹੀ ਹੈ, ਪਰ ਤੂੰ ਇਧਰ ਧਿਆਨ ਨਹੀਂ ਕਰਦਾ । ਤੂੰ ਨਾਸਵੰਤ ਪਦਾਰਥਾਂ ਦੇ ਮੋਹ ਦੇ ਬਾਨ੍ਹਣੂ ਹੀ ਸਦਾ ਬੰਨ੍ਹਦਾ ਰਹਿੰਦਾ ਹੈਂ ।੧।

ਹੇ ਭਾਈ! ਤੂੰ ਹਾਣ ਲਾਭ ਵਿਚਾਰਨ ਤੋਂ ਬਿਨਾ ਹੀ ਵਿਕਾਰ ਕਰੀ ਜਾ ਰਿਹਾ ਹੈਂ ਪਰਮਾਤਮਾ ਦਾ ਰਤਨ (ਵਰਗਾ ਕੀਮਤੀ) ਨਾਮ ਆਪਣੇ ਹਿਰਦੇ ਵਿਚ ਤੂੰ ਇਕ ਛਿਨ ਵਾਸਤੇ ਭੀ ਨਹੀਂ ਟਿਕਾਂਦਾ ।੨।

ਹੇ ਭਾਈ! (ਆਪਣਾ ਸਰੀਰ) ਪਾਲਣ ਪੋਸਣ ਵਿਚ ਹੀ ਤੇਰੀ ਉਮਰ ਲੰਘਦੀ ਜਾ ਰਹੀ ਹੈ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਆਤਮਕ ਆਨੰਦ ਦੀ ਅਵਸਥਾ ਤੂੰ (ਹੁਣ ਤਕ) ਸਮਝੀ ਹੀ ਨਹੀਂ ।੩।

ਹੇ ਨਾਨਕ! (ਆਖ—) ਹੇ ਸਭ ਤਾਕਤਾਂ ਦੇ ਮਾਲਕ! ਗਿਆਨ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਹੇ ਮਾਲਕ! ਮੈਂ ਤੇਰੀ ਸਰਨ ਆਇਆ ਹਾਂ, (ਮੈਨੂੰ ਵਿਕਾਰਾਂ ਤੋਂ) ਬਚਾ ਲੈ, ਤੂੰ ਮੇਰਾ ਮਾਲਕ ਹੈਂ, ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ ।੪।੨੭।੩੩।

ਸੂਹੀ ਮਹਲਾ ੫ ॥ ਸਾਧ ਸੰਗਿ ਤਰੈ ਭੈ ਸਾਗਰੁ ॥ ਹਰਿ ਹਰਿ ਨਾਮੁ ਸਿਮਰਿ ਰਤਨਾਗਰੁ ॥੧॥ ਸਿਮਰਿ ਸਿਮਰਿ ਜੀਵਾ ਨਾਰਾਇਣ ॥ ਦੂਖ ਰੋਗ ਸੋਗ ਸਭਿ ਬਿਨਸੇ ਗੁਰ ਪੂਰੇ ਮਿਲਿ ਪਾਪ ਤਜਾਇਣ ॥੧॥ ਰਹਾਉ ॥ ਜੀਵਨ ਪਦਵੀ ਹਰਿ ਕਾ ਨਾਉ ॥ ਮਨੁ ਤਨੁ ਨਿਰਮਲੁ ਸਾਚੁ ਸੁਆਉ ॥੨॥ ਆਠ ਪਹਰ ਪਾਰਬ੍ਰਹਮੁ ਧਿਆਈਐ ॥ ਪੂਰਬਿ ਲਿਖਤੁ ਹੋਇ ਤਾ ਪਾਈਐ ॥੩॥ ਸਰਣਿ ਪਏ ਜਪਿ ਦੀਨ ਦਇਆਲਾ ॥ ਨਾਨਕੁ ਜਾਚੈ ਸੰਤ ਰਵਾਲਾ ॥੪॥੨੮॥੩੪॥ {ਪੰਨਾ ੭੪੪}

ਪਦ ਅਰਥ :—ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਤਰੈ—ਪਾਰ ਲੰਘ ਜਾਂਦਾ ਹੈ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਸਾਗਰੁ—(ਸੰਸਾਰ-) ਸਮੁੰਦਰ । ਸਿਮਰਿ—ਸਿਮਰ ਕੇ । ਰਤਨਾਗਰੁ—{ਰÄਨਾਕਰ} ਰਤਨਾਂ ਦੀ ਖਾਣਿ ।੧।

ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ । ਸੋਗ—ਗ਼ਮ । ਸਭਿ—ਸਾਰੇ । ਮਿਲਿ—ਮਿਲ ਕੇ । ਤਜਾਇਣ—ਤਜੇ ਜਾਂਦੇ ਹਨ ।੧।ਰਹਾਉ।

ਪਦਵੀ—ਦਰਜਾ, ਪਿਆਰ । ਸਾਚੁ—ਸਦਾ-ਥਿਰ ਪ੍ਰਭੂ (ਦਾ ਮਿਲਾਪ) । ਸੁਆਉ—ਸੁਆਰਥ, ਜ਼ਿੰਦਗੀ ਦਾ ਨਿਸ਼ਾਨਾ ।੨।

ਧਿਆਈਐ—ਸਿਮਰਨਾ ਚਾਹੀਦਾ ਹੈ । ਪੂਰਬਿ—ਪੂਰਬਲੇ ਜਨਮ ਵਿਚ ।੩।

ਜਪਿ—ਜਪ ਕੇ । ਨਾਨਕ ਜਾਚੈ—ਨਾਨਕ ਮੰਗਦਾ ਹੈ । ਰਵਾਲਾ—ਚਰਨ-ਧੂੜ ।੪।

ਅਰਥ :—ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ । ਹੇ ਭਾਈ! ਗੁਰੂ ਨੂੰ ਮਿਲ ਕੇ ਸਾਰੇ ਦੁੱਖ ਰੋਗ ਗ਼ਮ ਨਾਸ ਹੋ ਜਾਂਦੇ ਹਨ, ਪਾਪ ਤਿਆਗੇ ਜਾਂਦੇ ਹਨ ।੧।ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਤਨਾਂ ਦੀ ਖਾਣਿ ਹਰਿ-ਨਾਮ ਸਿਮਰ ਸਿਮਰ ਕੇ ਮਨੁੱਖ ਡਰਾਂ-ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੧।

ਹੇ ਭਾਈ! ਪਰਮਾਤਮਾ ਦਾ ਨਾਮ (ਹੀ) ਆਤਮਕ ਜ਼ਿੰਦਗੀ ਦਾ ਪਿਆਰ ਹੈ । (ਨਾਮ ਦੀ ਬਰਕਤਿ ਨਾਲ) ਮਨ ਪਵਿਤਰ ਹੋ ਜਾਂਦਾ ਹੈ, ਸਰੀਰ ਪਵਿਤਰ ਹੋ ਜਾਂਦਾ ਹੈ, (ਨਾਮ ਸਿਮਰਦਿਆਂ) ਸਦਾ-ਥਿਰ ਪ੍ਰਭੂ (ਦਾ ਮਿਲਾਪ ਹੀ) ਜੀਵਨ ਮਨੋਰਥ ਬਣ ਜਾਂਦਾ ਹੈ ।੨।

ਹੇ ਭਾਈ! ਪਰਮਾਤਮਾ ਦਾ ਨਾਮ ਅੱਠੇ ਪਹਰ ਸਿਮਰਦੇ ਰਹਿਣਾ ਚਾਹੀਦਾ ਹੈ, ਪਰ ਇਹ ਦਾਤਿ ਤਦੋਂ ਹੀ ਮਿਲਦੀ ਹੈ ਜੇ ਪੂਰਬਲੇ ਜਨਮ ਵਿਚ (ਮੱਥੇ ਉਤੇ ਨਾਮ ਸਿਮਰਨ ਦਾ) ਲੇਖ ਲਿਖਿਆ ਹੋਵੇ ।੩।

ਹੇ ਭਾਈ! ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਦਾ ਨਾਮ ਜਪ ਜਪ ਕੇ ਜੇਹੜੇ ਮਨੁੱਖ ਉਸ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, ਨਾਨਕ ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ।੪।੨੮।੩੪।

ਸੂਹੀ ਮਹਲਾ ੫ ॥ ਘਰ ਕਾ ਕਾਜੁ ਨ ਜਾਣੀ ਰੂੜਾ ॥ ਝੂਠੈ ਧੰਧੈ ਰਚਿਓ ਮੂੜਾ ॥੧॥ ਜਿਤੁ ਤੂੰ ਲਾਵਹਿ ਤਿਤੁ ਤਿਤੁ ਲਗਨਾ ॥ ਜਾ ਤੂੰ ਦੇਹਿ ਤੇਰਾ ਨਾਉ ਜਪਨਾ ॥੧॥ ਰਹਾਉ ॥ ਹਰਿ ਕੇ ਦਾਸ ਹਰਿ ਸੇਤੀ ਰਾਤੇ ॥ ਰਾਮ ਰਸਾਇਣਿ ਅਨਦਿਨੁ ਮਾਤੇ ॥੨॥ ਬਾਹ ਪਕਰਿ ਪ੍ਰਭਿ ਆਪੇ ਕਾਢੇ ॥ ਜਨਮ ਜਨਮ ਕੇ ਟੂਟੇ ਗਾਢੇ ॥੩॥ ਉਧਰੁ ਸੁਆਮੀ ਪ੍ਰਭ ਕਿਰਪਾ ਧਾਰੇ ॥ ਨਾਨਕ ਦਾਸ ਹਰਿ ਸਰਣਿ ਦੁਆਰੇ ॥੪॥੨੯॥੩੫॥ {ਪੰਨਾ ੭੪੪}

ਪਦ ਅਰਥ :—ਘਰ ਕਾ ਕਾਜੁ—ਹਿਰਦੇ-ਘਰ ਦੇ ਕੰਮ ਆਉਣ ਵਾਲਾ ਕੰਮ । ਰੂੜਾ ਕਾਜੁ—ਸੋਹਣਾ ਕੰਮ । ਧੰਧੈ—ਧੰਧੇ ਵਿਚ । ਮੂੜਾ—ਮੂਰਖ ।੧।

ਜਿਤੁ—ਜਿਸ (ਕੰਮ) ਵਿਚ । ਤਿਤੁ ਤਿਤੁ—ਉਸ ਉਸ (ਕੰਮ) ਵਿਚ । ਦੇਹਿ—ਦੇਂਦਾ ਹੈਂ ।੧।ਰਹਾਉ।

ਸੇਤੀ—ਨਾਲ । ਰਾਤੇ—ਰੰਗੇ ਹੋਏ । ਰਸਾਇਣਿ—ਰਸਾਇਣ ਵਿਚ, ਰਸਾਂ-ਦੇ-ਘਰ ਵਿਚ, ਸਭ ਤੋਂ ਸ੍ਰੇਸ਼ਟ ਰਸ ਵਿਚ । ਅਨਦਿਨੁ—ਹਰ ਰੋਜ਼, ਹਰ ਵੇਲੇ {ਅਨੁਦਿਨਜ਼} । ਮਾਤੇ—ਮਸਤ ।੨।

ਪਕਰਿ—ਫੜ ਕੇ । ਪ੍ਰਭਿ—ਪ੍ਰਭੂ ਨੇ । ਆਪੇ—ਆਪ ਹੀ । ਗਾਢੇ—ਗੰਢ ਲਿਆ ।੩।

ਉਧਰੁ—ਬਚਾ ਲੈ । ਪ੍ਰਭ—ਹੇ ਪ੍ਰਭੂ! ਧਾਰੇ—ਧਾਰਿ, ਧਾਰ ਕੇ, ਕਰ ਕੇ । ਦੁਆਰੇ—ਦੁਆਰਿ, ਦਰ ਤੇ ।੪।

ਅਰਥ :—ਹੇ ਪ੍ਰਭੂ! ਜਿਸ ਜਿਸ ਕੰਮ ਵਿਚ ਤੂੰ (ਅਸਾਂ ਜੀਵਾਂ ਨੂੰ) ਲਾਂਦਾ ਹੈਂ, ਉਸ ਉਸ ਕੰਮ ਵਿਚ ਅਸੀ ਲੱਗਦੇ ਹਾਂ । ਜਦੋਂ ਤੂੰ (ਸਾਨੂੰ ਆਪਣਾ ਨਾਮ) ਦੇਂਦਾ ਹੈਂ, ਤਦੋਂ ਤੇਰਾ ਨਾਮ ਜਪਦੇ ਹਾਂ ।੧।ਰਹਾਉ।

(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ) ਇਹ ਮੂਰਖ ਝੂਠੇ ਧੰਧੇ ਵਿਚ ਮਸਤ ਰਹਿੰਦਾ ਹੈ, ਉਹ ਸੋਹਣਾ ਕੰਮ ਕਰਨਾ ਨਹੀਂ ਜਾਣਦਾ, ਜੇਹੜਾ ਇਸ ਦੇ ਆਪਣੇ ਹਿਰਦੇ-ਘਰ ਦੇ ਕੰਮ ਆਉਂਦਾ ਹੈ ।੧।

ਹੇ ਭਾਈ! ਪਰਮਾਤਮਾ ਦੇ ਸੇਵਕ ਪਰਮਾਤਮਾ ਨਾਲ ਹੀ ਰੰਗੇ ਰਹਿੰਦੇ ਹਨ, ਹਰ ਵੇਲੇ ਸਭ ਰਸਾਂ ਤੋਂ ਸ੍ਰੇਸ਼ਟ ਹਰਿ-ਨਾਮ ਰਸ ਵਿਚ ਮਸਤ ਰਹਿੰਦੇ ਹਨ ।੨।

ਹੇ ਭਾਈ! ਪ੍ਰਭੂ ਨੇ ਆਪ ਹੀ (ਜਿਨ੍ਹਾਂ ਮਨੁੱਖਾਂ ਨੂੰ) ਬਾਂਹ ਫੜ ਕੇ (ਝੂਠੇ ਧੰਧਿਆਂ ਵਿਚੋਂ) ਕੱਢ ਲਿਆ, ਅਨੇਕਾਂ ਜਨਮਾਂ ਦੇ (ਪ੍ਰਭੂ ਨਾਲੋਂ) ਟੁੱਟਿਆਂ ਹੋਇਆਂ ਨੂੰ (ਉਸ ਪ੍ਰਭੂ ਨੇ ਆਪ ਹੀ ਆਪਣੇ ਨਾਲ) ਜੋੜ ਲਿਆ ।੩।

ਹੇ ਦਾਸ ਨਾਨਕ! (ਆਖ—) ਹੇ ਮਾਲਕ ਪ੍ਰਭੂ! ਮੇਹਰ ਕਰ । (ਮੈਨੂੰ ਝੂਠੇ ਧੰਧਿਆਂ ਤੋਂ) ਬਚਾ ਲੈ, ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰੇ ਦਰ ਤੇ (ਆ ਡਿੱਗਾ ਹਾਂ) ।੪।੨੯।੩੫।

ਸੂਹੀ ਮਹਲਾ ੫ ॥ ਸੰਤ ਪ੍ਰਸਾਦਿ ਨਿਹਚਲੁ ਘਰੁ ਪਾਇਆ ॥ ਸਰਬ ਸੂਖ ਫਿਰਿ ਨਹੀ ਡੁੋਲਾਇਆ ॥੧॥ ਗੁਰੂ ਧਿਆਇ ਹਰਿ ਚਰਨ ਮਨਿ ਚੀਨ੍ਹੇ ॥ ਤਾ ਤੇ ਕਰਤੈ ਅਸਥਿਰੁ ਕੀਨ੍ਹੇ ॥੧॥ ਰਹਾਉ ॥ ਗੁਣ ਗਾਵਤ ਅਚੁਤ ਅਬਿਨਾਸੀ ॥ ਤਾ ਤੇ ਕਾਟੀ ਜਮ ਕੀ ਫਾਸੀ ॥੨॥ ਕਰਿ ਕਿਰਪਾ ਲੀਨੇ ਲੜਿ ਲਾਏ ॥ ਸਦਾ ਅਨਦੁ ਨਾਨਕ ਗੁਣ ਗਾਏ ॥੩॥੩੦॥੩੬॥ {ਪੰਨਾ ੭੪੪}

ਪਦ ਅਰਥ :—ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਨਿਹਚਲੁ ਘਰੁ—ਕਦੇ ਨਾਹ ਡੋਲਣ ਵਾਲਾ ਹਿਰਦਾ-ਘਰ । ਡੁੋਲਾਇਆ—{ਅੱਖਰ 'ਡ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ । ਅਸਲ ਲਫ਼ਜ਼ 'ਡੋਲਾਇਆ' ਹੈ । ਇਥੇ 'ਡੁਲਾਇਆ' ਪੜ੍ਹਨਾ ਹੈ} ਭਟਕਣਾ ਵਿਚ ਪਾ ਸਕਦਾ ।੧।

ਮਨਿ—ਮਨ ਵਿਚ । ਚੀਨ੍ਹੇ—ਪਛਾਣ ਲਏ । ਤਾ ਤੇ—ਇਸ ਦੇ ਕਾਰਨ । ਕਰਤੈ—ਕਰਤਾਰ ਨੇ । ਅਸਥਿਰੁ—ਅਡੋਲ-ਚਿੱਤ ।੧।ਰਹਾਉ।

ਅਚੁਤ—{ਅÁਯੁਤ} ਕਦੇ ਨਾਹ ਡਿੱਗਣ ਵਾਲਾ । ਫਾਸੀ—ਫਾਹੀ ।੨।

ਕਰਿ—ਕਰ ਕੇ । ਲੜਿ—ਲੜ ਨਾਲ, ਪੱਲੇ ਨਾਲ । ਗਾਏ—ਗਾਇ, ਗਾ ਕੇ । ਨਾਨਕ—ਹੇ ਨਾਨਕ! ।੩।

ਅਰਥ :—ਹੇ ਭਾਈ! (ਜਿਨ੍ਹਾਂ ਮਨੁੱਖਾਂ ਨੇ) ਗੁਰੂ ਦਾ ਧਿਆਨ ਧਰ ਕੇ ਪਰਮਾਤਮਾ ਦੇ ਚਰਨਾਂ ਨੂੰ (ਆਪਣੇ) ਮਨ ਵਿਚ (ਵੱਸਦਾ) ਪਛਾਣ ਲਿਆ, ਇਸ (ਪਰਖ) ਦੀ ਬਰਕਤਿ ਨਾਲ ਕਰਤਾਰ ਨੇ (ਉਹਨਾਂ ਨੂੰ) ਅਡੋਲ-ਚਿੱਤ ਬਣਾ ਦਿੱਤਾ ।੧।ਰਹਾਉ।

ਹੇ ਭਾਈ! (ਜਿਸ ਨੇ) ਗੁਰੂ ਦੀ ਕਿਰਪਾ ਨਾਲ ਕਦੇ ਨਾਹ ਡੋਲਣ ਵਾਲਾ ਹਿਰਦਾ-ਘਰ ਲੱਭ ਲਿਆ (ਹਿਰਦੇ ਦੀ ਅਡੋਲਤਾ ਪ੍ਰਾਪਤ ਕਰ ਲਈ) ਉਸ ਨੂੰ ਸਾਰੇ

ਸੁਖ ਪ੍ਰਾਪਤ ਹੋ ਗਏ, (ਉਹ ਮਨੁੱਖ ਕਦੇ ਵਿਕਾਰਾਂ ਵਿਚ) ਨਹੀਂ ਡੋਲਦਾ ।੧।

ਹੇ ਭਾਈ! ਅਟੱਲ ਅਬਿਨਾਸੀ ਪ੍ਰਭੂ ਦੇ ਗੁਣ ਗਾਂਦਿਆਂ ਗੁਣ ਗਾਣ ਦੀ ਬਰਕਤਿ ਨਾਲ ਜਮਾਂ ਦੀ ਫਾਹੀ ਕੱਟੀ ਜਾਂਦੀ ਹੈ ।੨।

ਹੇ ਨਾਨਕ! ਮੇਹਰ ਕਰ ਕੇ ਜਿਨ੍ਹਾਂ ਨੂੰ ਪ੍ਰਭੂ ਆਪਣੇ ਲੜ ਲਾ ਲੈਂਦਾ ਹੈ, ਉਹ ਮਨੁੱਖ ਪ੍ਰਭੂ ਦੇ ਗੁਣ ਗਾ ਕੇ ਸਦਾ ਆਤਮਕ ਆਨੰਦ ਮਾਣਦੇ ਹਨ ।੩।੩੦।੩੬।

ਸੂਹੀ ਮਹਲਾ ੫ ॥ ਅੰਮ੍ਰਿਤ ਬਚਨ ਸਾਧ ਕੀ ਬਾਣੀ ॥ ਜੋ ਜੋ ਜਪੈ ਤਿਸ ਕੀ ਗਤਿ ਹੋਵੈ ਹਰਿ ਹਰਿ ਨਾਮੁ ਨਿਤ ਰਸਨ ਬਖਾਨੀ ॥੧॥ ਰਹਾਉ ॥ ਕਲੀ ਕਾਲ ਕੇ ਮਿਟੇ ਕਲੇਸਾ ॥ ਏਕੋ ਨਾਮੁ ਮਨ ਮਹਿ ਪਰਵੇਸਾ ॥੧॥ ਸਾਧੂ ਧੂਰਿ ਮੁਖਿ ਮਸਤਕਿ ਲਾਈ ॥ ਨਾਨਕ ਉਧਰੇ ਹਰਿ ਗੁਰ ਸਰਣਾਈ ॥੨॥੩੧॥੩੭॥ {ਪੰਨਾ ੭੪੪}

ਪਦ ਅਰਥ :—ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੇ । ਸਾਧ—ਗੁਰੂ । ਜੋ ਜੋ—ਜੇਹੜਾ ਜੇਹੜਾ ਮਨੁੱਖ । ਤਿਸ ਕੀ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ} । ਗਤਿ—ਉੱਚੀ ਆਤਮਕ ਅਵਸਥਾ । ਰਸਨ—ਜੀਭ ਨਾਲ । ਬਖਾਨੀ—ਉਚਾਰਦਾ ਹੈ ।੧।ਰਹਾਉ।

ਕਲੀ—ਝਗੜੇ-ਕਲੇਸ਼ । ਕਾਲ—ਜੀਵਨ-ਸਮਾ । ਕਲੀ ਕਾਲ—ਕਲੇਸ਼ਾਂ-ਭਰਿਆ ਜੀਵਨ-ਸਮਾ । ਪਰਵੇਸਾ—ਦਖ਼ਲ ।੨।

ਧੂਰਿ—ਪੈਰਾਂ ਦੀ ਖ਼ਾਕ । ਮੁਖਿ—ਮੂੰਹ ਉਤੇ । ਮਸਤਕਿ—ਮੱਥੇ ਉਤੇ । ਉਧਰੇ—ਬਚ ਗਏ ।੨।

ਅਰਥ :—ਹੇ ਭਾਈ! ਗੁਰੂ ਦੀ ਉਚਾਰੀ ਹੋਈ ਬਾਣੀ ਆਤਮਕ ਜੀਵਨ ਦੇਣ ਵਾਲੇ ਬਚਨ ਹਨ । ਜੇਹੜਾ ਜੇਹੜਾ ਮਨੁੱਖ (ਇਸ ਬਾਣੀ ਨੂੰ) ਜਪਦਾ ਹੈ, ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ, ਉਹ ਮਨੁੱਖ ਸਦਾ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ ।੧।

ਹੇ ਭਾਈ! (ਗੁਰਬਾਣੀ ਦੀ ਬਰਕਤਿ ਨਾਲ) ਕਲੇਸ਼ਾਂ-ਭਰੇ ਜੀਵਨ-ਸਮੇ ਦੇ ਸਾਰੇ ਕਲੇਸ਼ ਮਿਟ ਜਾਂਦੇ ਹਨ, (ਕਿਉਂਕਿ ਬਾਣੀ ਦਾ ਸਦਕਾ) ਇਕ ਹਰਿ-ਨਾਮ ਹੀ ਮਨ ਵਿਚ ਟਿਕਿਆ ਰਹਿੰਦਾ ਹੈ ।੧।

ਹੇ ਨਾਨਕ! ਗੁਰੂ ਦੇ ਚਰਨਾਂ ਦੀ ਧੂੜ (ਜਿਨ੍ਹਾਂ ਮਨੁੱਖਾਂ ਨੇ ਆਪਣੇ) ਮੂੰਹ ਉਤੇ ਮੱਥੇ ਉਤੇ ਲਾ ਲਈ ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸਰਨ ਪੈ ਕੇ (ਝਗੜਿਆਂ ਕਲੇਸ਼ਾਂ ਤੋਂ) ਬਚ ਗਏ ।੨।੩੧।੩੭।

ਸੂਹੀ ਮਹਲਾ ੫ ਘਰੁ ੩ ॥ ਗੋਬਿੰਦਾ ਗੁਣ ਗਾਉ ਦਇਆਲਾ ॥ ਦਰਸਨੁ ਦੇਹੁ ਪੂਰਨ ਕਿਰਪਾਲਾ ॥ ਰਹਾਉ ॥ ਕਰਿ ਕਿਰਪਾ ਤੁਮ ਹੀ ਪ੍ਰਤਿਪਾਲਾ ॥ ਜੀਉ ਪਿੰਡੁ ਸਭੁ ਤੁਮਰਾ ਮਾਲਾ ॥੧॥ ਅੰਮ੍ਰਿਤ ਨਾਮੁ ਚਲੈ ਜਪਿ ਨਾਲਾ ॥ ਨਾਨਕੁ ਜਾਚੈ ਸੰਤ ਰਵਾਲਾ ॥੨॥੩੨॥੩੮॥ {ਪੰਨਾ ੭੪੪}

ਪਦ ਅਰਥ :—ਗੋਬਿੰਦ—ਹੇ ਗੋਬਿੰਦ! ਦਇਆਲਾ—ਹੇ ਦਇਆਲ! ਕਿਰਪਾਲਾ—ਹੇ ਕਿਰਪਾਲ! ਗਾਉ—ਗਾਉਂ, ਮੈਂ ਗਾਂਦਾ ਰਹਾਂ ।ਰਹਾਉ।

ਕਰਿ—ਕਰ ਕੇ । ਜੀਉ—ਜਿੰਦ । ਪਿੰਡੁ—ਸਰੀਰ । ਮਾਲਾ—ਮਾਲ, ਰਾਸਿ-ਪੂੰਜੀ ।੧।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਜਪਿ—ਜਪਿਆ ਕਰ । ਨਾਨਕੁ ਜਾਚੈ—ਨਾਨਕ ਮੰਗਦਾ ਹੈ । ਸੰਤ ਰਵਾਲਾ—ਗੁਰੂ ਦੇ ਚਰਨਾਂ ਦੀ ਧੂੜ ।੨।

ਅਰਥ :—ਹੇ ਗੋਬਿੰਦ! ਹੇ ਦਇਆਲ! ਹੇ ਪੂਰਨ ਕਿਰਪਾਲ! (ਮੈਨੂੰ ਆਪਣਾ) ਦਰਸਨ ਦੇਹ, ਮੈਂ (ਸਦਾ ਤੇਰੇ) ਗੁਣ ਗਾਂਦਾ ਰਹਾਂ ।ਰਹਾਉ।

ਹੇ ਗੋਬਿੰਦ! ਤੂੰ ਹੀ ਕਿਰਪਾ ਕਰ ਕੇ (ਅਸਾਂ ਜੀਵਾਂ ਦੀ) ਪਾਲਣਾ ਕਰਦਾ ਹੈਂ । ਇਹ ਜਿੰਦ ਇਹ ਸਰੀਰ ਸਭ ਕੁਝ ਤੇਰੀ ਹੀ ਦਿੱਤੀ ਹੋਈ ਰਾਸਿ-ਪੂੰਜੀ ਹੈ ।੧।

ਹੇ ਭਾਈ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (ਸਦਾ) ਜਪਿਆ ਕਰ (ਇਹੀ ਇਥੋਂ ਜੀਵਾਂ ਦੇ) ਨਾਲ ਜਾਂਦਾ ਹੈ । ਨਾਨਕ (ਭੀ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ । (ਜਿਸ ਦੀ ਬਰਕਤਿ ਨਾਲ ਹਰਿ-ਨਾਮ ਪ੍ਰਾਪਤ ਹੁੰਦਾ ਹੈ) ।੨।੩੨।੩੮।

ਸੂਹੀ ਮਹਲਾ ੫ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਈ ॥ ਆਪੇ ਥੰਮੈ ਸਚਾ ਸੋਈ ॥੧॥ ਹਰਿ ਹਰਿ ਨਾਮੁ ਮੇਰਾ ਆਧਾਰੁ ॥ ਕਰਣ ਕਾਰਣ ਸਮਰਥੁ ਅਪਾਰੁ ॥੧॥ ਰਹਾਉ ॥ ਸਭ ਰੋਗ ਮਿਟਾਵੇ ਨਵਾ ਨਿਰੋਆ ॥ ਨਾਨਕ ਰਖਾ ਆਪੇ ਹੋਆ ॥੨॥੩੩॥੩੯॥ {ਪੰਨਾ ੭੪੪}

ਪਦ ਅਰਥ :—ਥੰਮੈ—ਸਹਾਰਾ ਦੇਂਦਾ ਹੈ । ਆਪੇ—ਆਪ ਹੀ । ਸਚਾ—ਸਦਾ ਕਾਇਮ ਰਹਿਣ ਵਾਲਾ । ਸੋਈ—ਉਹ (ਪ੍ਰਭੂ) ਹੀ ।੧।

ਆਧਾਰੁ—ਆਸਰਾ । ਕਰਣ ਕਾਰਣ—ਜਗਤ ਦਾ ਮੂਲ । ਸਮਰਥੁ—ਸਭ ਤਾਕਤਾਂ ਵਾਲਾ । ਅਪਾਰੁ—ਬੇਅੰਤ ।੧।ਰਹਾਉ।

ਨਿਰੋਆ—ਨਿ-ਰੋਗ, ਰੋਗ-ਰਹਿਤ । ਰਖਾ—ਰਾਖਾ ।੨।

ਅਰਥ :—ਹੇ ਭਾਈ! ਜੇਹੜਾ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਜੋ ਸਭ ਤਾਕਤਾਂ ਦਾ ਮਾਲਕ ਹੈ, ਜਿਸ ਦੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਉਸ ਦਾ ਨਾਮ ਮੇਰਾ ਆਸਰਾ ਹੈ ।੧।ਰਹਾਉ।

ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ (ਹਰੇਕ ਜੀਵ ਨੂੰ) ਸਹਾਰਾ ਦੇਂਦਾ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ (ਜੋ ਵਿਕਾਰਾਂ ਰੋਗਾਂ ਤੋਂ ਬਚਣ ਲਈ ਸਹਾਰਾ ਦੇ ਸਕੇ) ।੧।

ਹੇ ਨਾਨਕ! ਜਿਸ ਮਨੁੱਖ ਦਾ ਰਾਖਾ ਪ੍ਰਭੂ ਆਪ ਬਣ ਜਾਂਦਾ ਹੈ, ਉਸ ਦੇ ਉਹ ਸਾਰੇ ਰੋਗ ਮਿਟਾ ਦੇਂਦਾ ਹੈ, ਉਸ ਨੂੰ ਨਵਾਂ ਨਿਰੋਆ ਕਰ ਦੇਂਦਾ ਹੈ

।੨।੩੩।੩੯।

ਸੂਹੀ ਮਹਲਾ ੫ ॥ ਦਰਸਨ ਕਉ ਲੋਚੈ ਸਭੁ ਕੋਈ ॥ ਪੂਰੈ ਭਾਗਿ ਪਰਾਪਤਿ ਹੋਈ ॥ ਰਹਾਉ ॥ ਸਿਆਮ ਸੁੰਦਰ ਤਜਿ ਨੀਦ ਕਿਉ ਆਈ ॥ ਮਹਾ ਮੋਹਨੀ ਦੂਤਾ ਲਾਈ ॥੧॥ ਪ੍ਰੇਮ ਬਿਛੋਹਾ ਕਰਤ ਕਸਾਈ ॥ ਨਿਰਦੈ ਜੰਤੁ ਤਿਸੁ ਦਇਆ ਨ ਪਾਈ ॥੨॥ ਅਨਿਕ ਜਨਮ ਬੀਤੀਅਨ ਭਰਮਾਈ ॥ ਘਰਿ ਵਾਸੁ ਨ ਦੇਵੈ ਦੁਤਰ ਮਾਈ ॥੩॥ ਦਿਨੁ ਰੈਨਿ ਅਪਨਾ ਕੀਆ ਪਾਈ ॥ ਕਿਸੁ ਦੋਸੁ ਨ ਦੀਜੈ ਕਿਰਤੁ ਭਵਾਈ ॥੪॥ ਸੁਣਿ ਸਾਜਨ ਸੰਤ ਜਨ ਭਾਈ ॥ ਚਰਣ ਸਰਣ ਨਾਨਕ ਗਤਿ ਪਾਈ ॥੫॥੩੪॥੪੦॥ {ਪੰਨਾ 745}

ਪਦ ਅਰਥ :—ਕਉ—ਨੂੰ, ਵਾਸਤੇ । ਸਭੁ ਕੋਈ—ਹਰੇਕ ਜੀਵ । ਭਾਗਿ—ਕਿਸਮਤ ਨਾਲ ।੧।ਰਹਾਉ।

ਸਿਆਮ—ਸਾਉਲੇ ਰੰਗ ਵਾਲਾ । ਸਿਆਮ ਸੁੰਦਰ—ਸੋਹਣਾ ਪ੍ਰਭੂ । ਤਜਿ—ਵਿਸਾਰ ਕੇ । ਮਹਾ ਮੋਹਨੀ—ਵੱਡੀ ਮਨ ਨੂੰ ਮੋਹਣ ਵਾਲੀ ਮਾਇਆ । ਦੂਤਾ—ਦੂਤਾਂ, ਕਾਮਾਦਿਕ ਵੈਰੀਆਂ ਨੇ ।੧।

ਪ੍ਰੇਮ ਬਿਛੋਹਾ—ਪ੍ਰੇਮ ਦੀ ਅਣਹੋਂਦ । ਬਿਛੋਹਾ—ਵਿਛੋੜਾ । ਕਸਾਈ—ਖਿੱਚ । ਨਿਰਦੈ—ਜ਼ਾਲਮ, ਨਿਰਦਈ ।੨।

ਬੀਤੀਅਨ—ਬੀਤ ਗਏ ਹਨ । ਭਰਮਾਈ—ਭਟਕਦਿਆਂ । ਘਰਿ—ਹਿਰਦੇ-ਘਰ ਵਿਚ । ਦੁਤਰ—{ਦੁ੍ਤਰ} ਜਿਸ ਤੋਂ ਪਾਰ ਲੰਘਣਾ ਔਖਾ ਹੈ । ਮਾਈ—ਮਾਇਆ ।੩।

ਰੈਨਿ—ਰਾਤ । ਪਾਈ—ਮੈਂ ਪਾਂਦਾ ਹਾਂ । ਭਵਾਈ—ਭਵਾਂਦੀ ਹੈ । ਕਿਰਤੁ—ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਸਮੂਹ ।੪।

ਗਤਿ—ਉੱਚੀ ਆਤਮਕ ਅਵਸਥਾ ।੫।

ਅਰਥ :—ਹੇ ਭਾਈ! ਹਰੇਕ ਜੀਵ (ਭਾਵੇਂ) ਪਰਮਾਤਮਾ ਦੇ ਦਰਸਨ ਨੂੰ ਤਾਂਘਦਾ ਹੋਵੇ, ਪਰ (ਉਸ ਦਾ ਮਿਲਾਪ) ਵੱਡੀ ਕਿਸਮਤ ਨਾਲ ਹੀ ਮਿਲਦਾ ਹੈ ।੧।ਰਹਾਉ।

(ਸ਼ੋਕ!) ਮੈਨੂੰ ਕਿਉਂ ਗ਼ਫ਼ਲਤ ਦੀ ਨੀਂਦ ਆ ਗਈ? ਮੈਂ ਕਿਉਂ ਸੋਹਣੇ ਪ੍ਰਭੂ ਨੂੰ ਭੁਲਾ ਦਿੱਤਾ? (ਸ਼ੋਕ!) ਇਹਨਾਂ ਕਾਮਾਦਿਕ ਵੈਰੀਆਂ ਨੇ ਮੈਨੂੰ ਇਹ ਵੱਡੀ ਮਨ ਨੂੰ ਮੋਹਣ ਵਾਲੀ ਮਾਇਆ ਚੰਬੋੜ ਦਿੱਤੀ ।੧।

ਪ੍ਰੇਮ ਦੀ ਅਣਹੋਂਦ (ਮੇਰੇ ਅੰਦਰ) ਕਸਾਈ-ਪੁਣਾ ਕਰ ਰਹੀ ਹੈ, ਇਹ ਵਿਛੋੜਾ (ਮਾਨੋ) ਇਕ ਨਿਰਦਈ ਜੀਵ ਹੈ ਜਿਸ ਦੇ ਅੰਦਰ ਰਤਾ ਭਰ ਦਇਆ ਨਹੀਂ ਹੈ ।੨।

ਇਹ ਦੁੱਤਰ ਮਾਇਆ ਹਿਰਦੇ-ਘਰ ਵਿਚ (ਮੇਰੇ ਮਨ ਨੂੰ) ਟਿਕਣ ਨਹੀਂ ਦੇਂਦਾ, ਭਟਕਦਿਆਂ ਭਟਕਦਿਆਂ ਅਨੇਕਾਂ ਹੀ ਜਨਮ ਬੀਤ ਗਏ ।੩।

ਪਰ ਕਿਸੇ ਨੂੰ ਦੋਸ ਨਹੀਂ ਦਿੱਤਾ ਜਾ ਸਕਦਾ, ਪਿਛਲੇ ਜਨਮਾਂ ਦਾ ਆਪਣਾ ਹੀ ਕੀਤਾ ਭਟਕਣਾ ਵਿਚ ਪਾ ਰਿਹਾ ਹੈ, ਮੈਂ ਦਿਨ ਰਾਤ ਆਪਣੇ ਕਮਾਏ ਦਾ ਫਲ ਭੋਗ ਰਿਹਾ ਹਾਂ ।੪।

ਹੇ ਨਾਨਕ! (ਆਖ—) ਹੇ ਸੱਜਣੋ! ਹੇ ਭਰਾਵੋ! ਹੇ ਸੰਤ ਜਨੋ! ਸੁਣੋ । ਪਰਮਾਤਮਾ ਦੇ ਸੋਹਣੇ ਚਰਣਾਂ ਦੀ ਸਰਨ ਪਿਆਂ ਹੀ ਉੱਚ ਆਤਮਕ ਅਵਸਥਾ ਪ੍ਰਾਪਤ ਹੋ ਸਕਦੀ ਹੈ ।੫।੩੪।੪੦।

ਰਾਗੁ ਸੂਹੀ ਮਹਲਾ ੫ ਘਰੁ ੪
ੴ ਸਤਿਗੁਰ ਪ੍ਰਸਾਦਿ ॥ ਭਲੀ ਸੁਹਾਵੀ ਛਾਪਰੀ ਜਾ ਮਹਿ ਗੁਨ ਗਾਏ ॥ ਕਿਤ ਹੀ ਕਾਮਿ ਨ ਧਉਲਹਰ ਜਿਤੁ ਹਰਿ ਬਿਸਰਾਏ ॥੧॥ ਰਹਾਉ ॥ ਅਨਦੁ ਗਰੀਬੀ ਸਾਧ ਸੰਗਿ ਜਿਤੁ ਪ੍ਰਭ ਚਿਤਿ ਆਏ ॥ ਜਲਿ ਜਾਉ ਏਹੁ ਬਡਪਨਾ ਮਾਇਆ ਲਪਟਾਏ ॥੧॥ ਪੀਸਨੁ ਪੀਸਿ ਓਢਿ ਕਾਮਰੀ ਸੁਖੁ ਮਨੁ ਸੰਤੋਖਾਏ ॥ ਐਸੋ ਰਾਜੁ ਨ ਕਿਤੈ ਕਾਜਿ ਜਿਤੁ ਨਹ ਤ੍ਰਿਪਤਾਏ ॥੨॥ ਨਗਨ ਫਿਰਤ ਰੰਗਿ ਏਕ ਕੈ ਓਹੁ ਸੋਭਾ ਪਾਏ ॥ ਪਾਟ ਪਟੰਬਰ ਬਿਰਥਿਆ ਜਿਹ ਰਚਿ ਲੋਭਾਏ ॥੩॥ ਸਭੁ ਕਿਛੁ ਤੁਮ੍ਹ੍ਹਰੈ ਹਾਥਿ ਪ੍ਰਭ ਆਪਿ ਕਰੇ ਕਰਾਏ ॥ ਸਾਸਿ ਸਾਸਿ ਸਿਮਰਤ ਰਹਾ ਨਾਨਕ ਦਾਨੁ ਪਾਏ ॥੪॥੧॥੪੧॥ {ਪੰਨਾ 745}

ਪਦ ਅਰਥ :—ਭਲੀ—ਚੰਗੀ । ਸੁਹਾਵੀ—ਸੋਹਣੀ, ਸੁਖ ਦੇਣ ਵਾਲੀ । ਛਾਪਰੀ—ਕੁੱਲੀ । ਜਾ ਮਹਿ—ਜਿਸ (ਕੁੱਲੀ) ਵਿਚ । ਕਿਤ ਹੀ—ਕਿਤੁ ਹੀ {ਲਫ਼ਜ਼ 'ਕਿਤੁ' ਦਾ _ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} । ਕਿਤ ਹੀ ਕਾਮਿ—ਕਿਸੇ ਹੀ ਕੰਮ ਵਿਚ । ਧਉਲਹਰ—ਪੱਕੇ ਮਹੱਲ ।੧।ਰਹਾਉ।

ਸੰਗਿ—ਸੰਗਤਿ ਵਿਚ । ਚਿਤਿ—ਚਿੱਤ ਵਿਚ । ਜਲਿ ਜਾਉ—ਸੜ ਜਾਏ । ਬਡਪਨਾ—ਵਡਿਆਈ, ਵੱਡਾ ਹੋਣ ਦਾ ਮਾਣ ।੧।

ਪੀਸਨੁ—ਚੱਕੀ । ਪੀਸਿ—ਪੀਹ ਕੇ । ਓਢਿ—ਪਹਨ ਕੇ । ਤ੍ਰਿਪਤਾਏ—ਰੱਜਦਾ ।੨।

ਕੈ ਰੰਗਿ—ਦੇ ਪ੍ਰੇਮ ਵਿਚ । ਪਟੰਬਰ—ਪਟ ਦੇ ਅੰਬਰ, ਰੇਸ਼ਮੀ ਕੱਪੜੇ । ਰਚਿ—ਮਸਤ ਹੋ ਕੇ ।੩।

ਹਾਥਿ—ਹੱਥ ਵਿਚ । ਪ੍ਰਭ—ਹੇ ਪ੍ਰਭੂ! ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਰਹਾ—ਰਹਾਂ ।੪।

ਅਰਥ :—ਹੇ ਭਾਈ! ਉਹ ਕੁੱਲੀ ਚੰਗੀ ਹੈ, ਜਿਸ ਵਿਚ (ਰਹਿਣ ਵਾਲਾ ਮਨੁੱਖ) ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ । (ਪਰ) ਉਹ ਪੱਕੇ ਮਹੱਲ ਕਿਸੇ ਕੰਮ ਨਹੀਂ, ਜਿਨ੍ਹਾਂ ਵਿਚ (ਵੱਸਣ ਵਾਲਾ ਮਨੁੱਖ) ਪਰਮਾਤਮਾ ਨੂੰ ਭੁਲਾ ਦੇਂਦਾ ਹੈ ।੧।ਰਹਾਉ।

ਹੇ ਭਾਈ! ਸਾਧ ਸੰਗਤਿ ਵਿਚ ਗ਼ਰੀਬੀ (ਸਹਾਰਦਿਆਂ ਭੀ) ਆਨੰਦ ਹੈ ਕਿਉਂਕਿ ਉਸ (ਸਾਧ ਸੰਗਤਿ) ਵਿਚ ਪਰਮਾਤਮਾ ਚਿੱਤ ਵਿਚ ਵੱਸਿਆ ਰਹਿੰਦਾ ਹੈ । ਇਹੋ ਜਿਹਾ ਵੱਡਾ ਅਖਵਾਣਾ ਸੜ ਜਾਏ (ਜਿਸ ਦੇ ਕਾਰਨ ਮਨੁੱਖ) ਮਾਇਆ ਨਾਲ ਹੀ ਚੰਬੜਿਆ ਰਹੇ ।੧।

(ਗਰੀਬੀ ਵਿਚ) ਚੱਕੀ ਪੀਹ ਕੇ, ਕੰਬਲੀ ਪਹਿਨ ਕੇ ਆਨੰਦ (ਪ੍ਰਾਪਤ ਰਹਿੰਦਾ ਹੈ, ਕਿਉਂਕਿ) ਮਨ ਨੂੰ ਸੰਤੋਖ ਮਿਲਿਆ ਰਹਿੰਦਾ ਹੈ । ਪਰ, ਹੇ ਭਾਈ! ਇਹੋ ਜਿਹਾ ਰਾਜ ਕਿਸੇ ਕੰਮ ਨਹੀਂ ਜਿਸ ਵਿਚ (ਮਨੁੱਖ ਮਾਇਆ ਵਲੋਂ ਕਦੇ) ਰੱਜੇ ਹੀ ਨਾਹ ।੨।

ਹੇ ਭਾਈ! ਜੇਹੜਾ ਮਨੁੱਖ ਇਕ ਪਰਮਾਤਮਾ ਦੇ ਪ੍ਰੇਮ ਵਿਚ ਨੰਗਾ ਭੀ ਤੁਰਿਆ ਫਿਰਦਾ ਹੈ, ਉਹ ਸੋਭਾ ਖੱਟਦਾ ਹੈ, ਪਰ ਰੇਸ਼ਮੀ ਕੱਪੜੇ ਪਹਿਨਣੇ ਵਿਅਰਥ ਹਨ ਜਿਨ੍ਹਾਂ ਵਿਚ ਮਸਤ ਹੋ ਕੇ ਮਨੁੱਖ (ਮਾਇਆ ਦਾ ਹੋਰ ਹੋਰ) ਲੋਭ ਕਰਦਾ ਰਹਿੰਦਾ ਹੈ ।੩।

(ਹੇ ਭਾਈ! ਜੀਵਾਂ ਨੂੰ ਕੀਹ ਦੋਸ? ਪ੍ਰਭੂ) ਆਪ ਹੀ ਸਭ ਕੁਝ ਕਰਦਾ ਹੈ (ਜੀਵਾਂ ਪਾਸੋਂ) ਕਰਾਂਦਾ ਹੈ । ਹੇ ਨਾਨਕ! (ਆਖ—) ਹੇ ਪ੍ਰਭੂ! ਸਭ ਕੁਝ ਤੇਰੇ ਹੱਥ ਵਿਚ ਹੈ (ਮੇਹਰ ਕਰ, ਤੇਰਾ ਦਾਸ ਤੇਰੇ ਦਰ ਤੋਂ ਇਹ) ਦਾਨ ਹਾਸਲ ਕਰ ਲਏ ਕਿ ਮੈਂ ਹਰੇਕ ਸਾਹ ਦੇ ਨਾਲ ਤੈਨੂੰ ਸਿਮਰਦਾ ਰਹਾਂ ।੪।੧।੪੧।

ਸੂਹੀ ਮਹਲਾ ੫ ॥ ਹਰਿ ਕਾ ਸੰਤੁ ਪਰਾਨ ਧਨ ਤਿਸ ਕਾ ਪਨਿਹਾਰਾ ॥ ਭਾਈ ਮੀਤ ਸੁਤ ਸਗਲ ਤੇ ਜੀਅ ਹੂੰ ਤੇ ਪਿਆਰਾ ॥੧॥ ਰਹਾਉ ॥ ਕੇਸਾ ਕਾ ਕਰਿ ਬੀਜਨਾ ਸੰਤ ਚਉਰੁ ਢੁਲਾਵਉ ॥ ਸੀਸੁ ਨਿਹਾਰਉ ਚਰਣ ਤਲਿ ਧੂਰਿ ਮੁਖਿ ਲਾਵਉ ॥੧॥ ਮਿਸਟ ਬਚਨ ਬੇਨਤੀ ਕਰਉ ਦੀਨ ਕੀ ਨਿਆਈ ॥ ਤਜਿ ਅਭਿਮਾਨੁ ਸਰਣੀ ਪਰਉ ਹਰਿ ਗੁਣ ਨਿਧਿ ਪਾਈ ॥੨॥ ਅਵਲੋਕਨ ਪੁਨਹ ਪੁਨਹ ਕਰਉ ਜਨ ਕਾ ਦਰਸਾਰੁ ॥ ਅੰਮ੍ਰਿਤ ਬਚਨ ਮਨ ਮਹਿ ਸਿੰਚਉ ਬੰਦਉ ਬਾਰ ਬਾਰ ॥੩॥ ਚਿਤਵਉ ਮਨਿ ਆਸਾ ਕਰਉ ਜਨ ਕਾ ਸੰਗੁ ਮਾਗਉ ॥ ਨਾਨਕ ਕਉ ਪ੍ਰਭ ਦਇਆ ਕਰਿ ਦਾਸ ਚਰਣੀ ਲਾਗਉ ॥੪॥੨॥੪੨॥ {ਪੰਨਾ ੭੪੫}

ਪਦ ਅਰਥ :—ਪਰਾਨ—ਪ੍ਰਾਣ । ਤਿਸ ਕਾ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਪਨਿਹਾਰਾ—ਪਾਣੀ ਭਰਨ ਵਾਲਾ । ਸੁਤ—ਪੁੱਤਰ । ਸਗਲ ਤੇ—ਸਾਰਿਆਂ ਨਾਲੋਂ । ਜੀਅ ਹੂੰ ਤੇ—ਜਿੰਦ ਤੋਂ ਭੀ ।੧।

ਕਰਿ—ਬਣਾ ਕੇ । ਬੀਜਨਾ—ਪੱਖਾ {॥ਯਜਨ} । ਢੁਲਾਵਉ—ਢੁਲਾਵਉਂ । ਨਿਹਾਰਉ—ਨਿਹੁਰਾਵਉਂ, ਨੀਵਾਂ ਕਰਾਂ । ਚਰਣ ਤਲਿ—ਚਰਨਾਂ ਹੇਠ । ਮੁਖਿ—ਮੂੰਹ ਉਤੇ । ਲਾਵਉ—ਲਾਵਉਂ ।੧।

ਮਿਸਟ—ਮਿੱਠੇ । ਕਰਉ—ਕਰਉਂ । ਨਿਆਈ—ਵਾਂਗ । ਤਜਿ—ਤਜ ਕੇ, ਛੱਡ ਕੇ । ਪਰਉ—ਪਰਉਂ, ਮੈਂ ਪਿਆ ਰਹਾਂ । ਗੁਣ ਨਿਧਿ—ਗੁਣਾਂ ਦਾ ਖ਼ਜ਼ਾਨਾ । ਪਾਈ—ਪਾਈਂ, ਪ੍ਰਾਪਤ ਕਰਾਂ ।੨।

ਅਵਲੋਕਨ—ਦਰਸਨ । ਪੁਨਹ ਪੁਨਹ—{ਪੁਨ: ਪੁਨ:} ਮੁੜ ਮੁੜ । ਸਿੰਚਉ—ਸਿੰਚਉਂ, ਮੈਂ ਸਿੰਜਦਾ ਰਹਾਂ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਬੰਦਉ—ਬੰਦਉਂ । ਬਾਰ ਬਾਰ—ਮੁੜ ਮੁੜ ।੩।

ਚਿਤਵਉ—ਚਿਤਵਉਂ, ਚਿਤਾਰਦਾ ਰਹਾਂ । ਮਨਿ—ਮਨ ਵਿਚ । ਸੰਗੁ—ਸਾਥ । ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਲਾਗਉ—ਲਾਗਉਂ, ਮੈਂ ਲੱਗਾ ਰਹਾਂ ।੪।

ਅਰਥ :—ਜੇਹੜਾ ਮਨੁੱਖ ਪ੍ਰਭੂ ਦੀ ਭਗਤੀ ਕਰਨ ਵਾਲਾ ਹੈ (ਜੇ ਪ੍ਰਭੂ ਦੀ ਮੇਹਰ ਹੋਵੇ, ਤਾਂ ਮੈਂ) ਆਪਣੇ ਪ੍ਰਾਣ ਆਪਣਾ ਧਨ ਉਸ ਸੰਤ ਦੇ ਹਵਾਲੇ ਕਰ ਦਿਆਂ, ਮੈਂ ਉਸ ਦਾ ਪਾਣੀ ਭਰਨ ਵਾਲਾ ਬਣਿਆ ਰਹਾਂ । ਭਰਾ, ਮਿੱਤਰ, ਪੁੱਤਰਾਂ ਨਾਲੋਂ ਜਿੰਦ ਨਾਲੋਂ ਭੀ, ਮੈਨੂੰ ਉਹ ਪਿਆਰਾ ਲੱਗੇ ।੧।ਰਹਾਉ।

(ਹੇ ਭਾਈ! ਜੇ ਪ੍ਰਭੂ ਮੇਹਰ ਕਰੇ ਤਾਂ) ਮੈਂ ਆਪਣੇ ਕੇਸਾਂ ਦਾ ਪੱਖਾ ਬਣਾ ਕੇ ਪ੍ਰਭੂ ਦੇ ਸੰਤ ਨੂੰ ਚੌਰ ਝੁਲਾਂਦਾ ਰਹਾਂ, ਮੈਂ ਸੰਤ ਦੇ ਬਚਨਾਂ ਉੱਤੇ ਆਪਣਾ ਸਿਰ ਨਿਵਾਈ ਰੱਖਾਂ, ਉਸ ਦੇ ਚਰਨਾਂ ਦੀ ਧੂੜ ਲੈ ਕੇ ਮੈਂ ਆਪਣੇ ਮੱਥੇ ਉਤੇ ਲਾਂਦਾ ਰਹਾਂ ।੧।

(ਹੇ ਭਾਈ! ਜੇ ਪ੍ਰਭੂ ਦਇਆ ਕਰੇ, ਤਾਂ) ਮੈਂ ਨਿਮਾਣਿਆਂ ਵਾਂਗ (ਸੰਤ ਅੱਗੇ) ਮਿੱਠੇ ਬੋਲਾਂ ਨਾਲ ਬੇਨਤੀ ਕਰਦਾ ਰਹਾਂ, ਅਹੰਕਾਰ ਛੱਡ ਕੇ ਉਸ ਦੀ ਸਰਨ ਪਿਆ ਰਹਾਂ, ਤੇ, ਉਸ ਸੰਤ ਪਾਸੋਂ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਮਿਲਾਪ ਹਾਸਲ ਕਰਾਂ ।੨।

(ਹੇ ਭਾਈ! ਪ੍ਰਭੂ ਕਿਰਪਾ ਕਰੇ) ਮੈਂ ਉਸ ਦੇ ਸੇਵਕ ਦਾ ਦਰਸ਼ਨ ਮੁੜ ਮੁੜ ਵੇਖਦਾ ਰਹਾਂ । ਆਤਮਕ ਜੀਵਨ ਦੇਣ ਵਾਲੇ ਉਸ ਸੰਤ ਦੇ ਬਚਨਾਂ ਦਾ ਜਲ ਮੈਂ ਆਪਣੇ ਮਨ ਵਿਚ ਸਿੰਜਦਾ ਰਹਾਂ, ਤੇ, ਮੁੜ ਮੁੜ ਉਸ ਨੂੰ ਨਮਸਕਾਰ ਕਰਦਾ ਰਹਾਂ ।੩।

ਹੇ ਪ੍ਰਭੂ! ਨਾਨਕ ਉਤੇ ਮੇਹਰ ਕਰ, ਮੈਂ ਤੇਰੇ ਦਾਸ ਦੇ ਚਰਨੀਂ ਲੱਗਾ ਰਹਾਂ, ਮੈਂ ਹਰ ਵੇਲੇ ਇਹੀ ਚਿਤਾਰਦਾ ਰਹਾਂ, ਮੈਂ ਆਪਣੇ ਮਨ ਵਿਚ ਇਹੀ ਆਸ ਕਰਦਾ ਰਹਾਂ, ਮੈਂ ਤੇਰੇ ਪਾਸੋਂ ਤੇਰੇ ਸੇਵਕ ਦਾ ਸਾਥ ਮੰਗਦਾ ਰਹਾਂ ।੪।੨।੪੨।

ਸੂਹੀ ਮਹਲਾ ੫ ॥ ਜਿਨਿ ਮੋਹੇ ਬ੍ਰਹਮੰਡ ਖੰਡ ਤਾ ਹੂ ਮਹਿ ਪਾਉ ॥ ਰਾਖਿ ਲੇਹੁ ਇਹੁ ਬਿਖਈ ਜੀਉ ਦੇਹੁ ਅਪੁਨਾ ਨਾਉ ॥੧॥ ਰਹਾਉ ॥ ਜਾ ਤੇ ਨਾਹੀ ਕੋ ਸੁਖੀ ਤਾ ਕੈ ਪਾਛੈ ਜਾਉ ॥ ਛੋਡਿ ਜਾਹਿ ਜੋ ਸਗਲ ਕਉ ਫਿਰਿ ਫਿਰਿ ਲਪਟਾਉ ॥੧॥ ਕਰਹੁ ਕ੍ਰਿਪਾ ਕਰੁਣਾਪਤੇ ਤੇਰੇ ਹਰਿ ਗੁਣ ਗਾਉ ॥ ਨਾਨਕ ਕੀ ਪ੍ਰਭ ਬੇਨਤੀ ਸਾਧ ਸੰਗਿ ਸਮਾਉ ॥੨॥੩॥੪੩॥ {ਪੰਨਾ ੭੪੫}

ਪਦ ਅਰਥ :—ਜਿਨਿ—ਜਿਸ (ਮਾਇਆ) ਨੇ । ਮੋਹੇ—ਮੋਹ ਲਏ ਹਨ । ਬ੍ਰਹਮੰਡ—ਸਾਰੀ ਸ੍ਰਿਸ਼ਟੀ । ਖੰਡ—ਸਾਰੇ ਦੇਸ । ਤਾ ਹੂ ਮਹਿ—ਉਸੇ ਵਿਚ ਹੀ । ਪਾਉ—ਪਾਉਂ, ਮੈਂ ਪੈ ਰਿਹਾ ਹਾਂ । ਬਿਖਈ—ਵਿਕਾਰੀ ।੧।ਰਹਾਉ।

ਜਾ ਤੇ—ਜਿਸ (ਮਾਇਆ) ਪਾਸੋਂ । ਜਾਉ—ਜਾਉਂ, ਮੈਂ ਜਾਂਦਾ ਹਾਂ । ਕਉ—ਨੂੰ । ਲਪਟਾਉ—ਲਪਟਾਉਂ ।੧।

ਕਰੁਣਾ—ਤਰਸ । ਪਤਿ—ਮਾਲਕ । ਪਤੇ—ਹੇ ਮਾਲਕ! ਕਰੁਣਾਪਤੇ—ਹੇ ਤਰਸ ਦੇ ਮਾਲਕ! ਗਾਉ—ਗਾਉਂ । ਸਮਾਉ—ਸਮਾਉਂ, ਮੈਂ ਲੀਨ ਰਹਾਂ ।੨।

ਅਰਥ :—ਹੇ ਪ੍ਰਭੂ! ਜਿਸ (ਮਾਇਆ) ਨੇ ਸਾਰੀ ਸ੍ਰਿਸ਼ਟੀ ਤੇ ਸਾਰੇ ਦੇਸ ਆਪਣੇ ਪਿਆਰ ਵਿਚ ਫਸਾਏ ਹੋਏ ਹਨ, ਉਸੇ (ਮਾਇਆ) ਦੇ ਵੱਸ ਵਿਚ ਮੈਂ ਭੀ ਪਿਆ ਹੋਇਆ ਹਾਂ । ਹੇ ਪ੍ਰਭੂ! ਮੈਨੂੰ ਆਪਣਾ ਨਾਮ ਬਖ਼ਸ਼, ਤੇ ਮੈਨੂੰ ਇਸ ਵਿਕਾਰੀ ਜੀਵ ਨੂੰ (ਮਾਇਆ ਦੇ ਹੱਥੋਂ) ਬਚਾ ਲੈ ।੧।ਰਹਾਉ।

ਹੇ ਪ੍ਰਭੂ! ਮੈਂ ਭੀ ਉਸ (ਮਾਇਆ) ਦੇ ਪਿੱਛੇ (ਮੁੜ ਮੁੜ) ਜਾਂਦਾ ਹਾਂ ਜਿਸ ਪਾਸੋਂ ਕੋਈ ਭੀ ਕਦੇ ਸੁਖੀ ਨਹੀਂ ਹੋਇਆ । ਮੈਂ ਮੁੜ ਮੁੜ (ਉਹਨਾਂ ਪਦਾਰਥਾਂ ਨਾਲ) ਚੰਬੜਦਾ ਹਾਂ, ਜੋ (ਆਖ਼ਰ) ਸਭਨਾਂ ਨੂੰ ਛੱਡ ਜਾਂਦੇ ਹਨ ।੧।

ਹੇ ਤਰਸ ਦੇ ਮਾਲਕ! ਹੇ ਹਰੀ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੇ ਗੁਣ ਗਾਂਦਾ ਰਹਾਂ । ਹੇ ਪ੍ਰਭੂ! (ਤੇਰੇ ਸੇਵਕ) ਨਾਨਕ ਦੀ (ਤੇਰੇ ਅੱਗੇ ਇਹੀ) ਬੇਨਤੀ ਹੈ ਕਿ ਮੈਂ ਸਾਧ ਸੰਗਤਿ ਵਿਚ ਟਿਕਿਆ ਰਹਾਂ ।੨।੩।੪੩।

ਰਾਗੁ ਸੂਹੀ ਮਹਲਾ ੫ ਘਰੁ ੫ ਪੜਤਾਲ

ੴ ਸਤਿਗੁਰ ਪ੍ਰਸਾਦਿ ॥ ਪ੍ਰੀਤਿ ਪ੍ਰੀਤਿ ਗੁਰੀਆ ਮੋਹਨ ਲਾਲਨਾ ॥ ਜਪਿ ਮਨ ਗੋਬਿੰਦ ਏਕੈ ਅਵਰੁ ਨਹੀ ਕੋ ਲੇਖੈ ਸੰਤ ਲਾਗੁ ਮਨਹਿ ਛਾਡੁ ਦੁਬਿਧਾ ਕੀ ਕੁਰੀਆ ॥੧॥ ਰਹਾਉ ॥ ਨਿਰਗੁਨ ਹਰੀਆ ਸਰਗੁਨ ਧਰੀਆ ਅਨਿਕ ਕੋਠਰੀਆ ਭਿੰਨ ਭਿੰਨ ਭਿੰਨ ਭਿਨ ਕਰੀਆ ॥ ਵਿਚਿ ਮਨ ਕੋਟਵਰੀਆ ॥ ਨਿਜ ਮੰਦਰਿ ਪਿਰੀਆ ॥ ਤਹਾ ਆਨਦ ਕਰੀਆ ॥ ਨਹ ਮਰੀਆ ਨਹ ਜਰੀਆ ॥੧॥ ਕਿਰਤਨਿ ਜੁਰੀਆ ਬਹੁ ਬਿਧਿ ਫਿਰੀਆ ਪਰ ਕਉ ਹਿਰੀਆ ॥ ਬਿਖਨਾ ਘਿਰੀਆ ॥ ਅਬ ਸਾਧੂ ਸੰਗਿ ਪਰੀਆ ॥ ਹਰਿ ਦੁਆਰੈ ਖਰੀਆ ॥ ਦਰਸਨੁ ਕਰੀਆ ॥ ਨਾਨਕ ਗੁਰ ਮਿਰੀਆ ॥ ਬਹੁਰਿ ਨ ਫਿਰੀਆ ॥੨॥੧॥੪੪॥ {ਪੰਨਾ ੭੪੬}

ਪਦ ਅਰਥ :—ਪ੍ਰੀਤਿ ਪ੍ਰੀਤਿ—ਪ੍ਰੀਤਾਂ ਵਿਚੋਂ ਪ੍ਰੀਤਿ । ਗੁਰੀਆ—ਵੱਡੀ । ਮਨ—ਹੇ ਮਨ! ਲੇਖੈ—ਲੇਖੇ ਵਿਚ, ਪਰਵਾਨ । ਅਵਰੁ—ਕੋਈ ਹੋਰ (ਉੱਤਮ) । ਮਨਹਿ—ਮਨ ਵਿਚੋਂ । ਦੁਬਿਧਾ—ਡਾਂਵਾਂ-ਡੋਲ ਹਾਲਤ । ਕੁਰੀਆ—ਪਗਡੰਡੀ, ਰਸਤਾ ।੧।ਰਹਾਉ।

ਨਿਰਗੁਨ—ਮਾਇਆ ਦੇ ਤਿੰਨ ਗੁਣਾਂ ਤੋਂ ਨਿਰਲੇਪ । ਹਰੀਆ—ਪਰਮਾਤਮਾ । ਸਰਗੁਨ ਧਰੀਆ—ਮਾਇਆ ਦੇ ਤਿੰਨ ਗੁਣਾਂ ਵਾਲਾ ਸਰੂਪ ਧਾਰਿਆ । ਭਿੰਨ—ਵੱਖ । ਕੋਟਵਰੀਆ—ਕੋਤਵਾਲ । ਨਿਜ ਮੰਦਰਿ—ਆਪਣੇ ਮੰਦਰ ਵਿਚ । ਜਰੀਆ—ਬੁਢੇਪਾ ।੧।

ਕਿਰਤਨਿ—ਇਸ ਕੀਤੇ ਹੋਏ ਜਗਤ ਵਿਚ, ਰਚੇ ਹੋਏ ਸੰਸਾਰ (ਦੇ ਮੋਹ) ਵਿਚ । ਜੁਰੀਆ—ਜੁੜਿਆ ਹੋਇਆ । ਪਰ ਕਉ—ਪਰਾਏ (ਧਨ) ਨੂੰ । ਹਿਰੀਆ—ਤੱਕਦਾ ਹੈ । ਬਿਖਨਾ—ਵਿਸ਼ਿਆਂ ਨਾਲ । ਸੰਗਿ—ਸੰਗਤਿ ਵਿਚ । ਪਰੀਆ—ਆ ਪਿਆ ਹੈ । ਦੁਆਰੈ—ਦਰ ਤੇ । ਗੁਰ ਮਿਰੀਆ—ਗੁਰੂ ਨੂੰ ਮਿਲਿਆ । ਬਹੁਰਿ—ਮੁੜ ।੨।

ਅਰਥ :—ਹੇ ਭਾਈ! (ਦੁਨੀਆ ਦੀਆਂ) ਪ੍ਰੀਤਾਂ ਵਿਚੋਂ ਵੱਡੀ ਪ੍ਰੀਤਿ ਮਨ ਨੂੰ ਮੋਹਨ ਵਾਲੇ ਲਾਲ-ਪ੍ਰਭੂ ਦੀ ਹੈ । ਹੇ ਮਨ! ਸਿਰਫ਼ ਉਸ ਪ੍ਰਭੂ ਦਾ ਨਾਮ ਜਪਿਆ ਕਰ । ਹੋਰ ਕੋਈ ਉੱਦਮ ਉਸ ਦੀ ਦਰਗਾਹ ਵਿਚ ਪਰਵਾਨ ਨਹੀਂ ਹੁੰਦਾ । ਹੇ ਭਾਈ! ਸੰਤਾਂ ਦੀ ਚਰਨੀਂ ਲੱਗਾ ਰਹੁ, ਅਤੇ ਆਪਣੇ ਮਨ ਵਿਚੋਂ ਡਾਂਵਾਂਡੋਲ ਰਹਿਣ-ਵਾਲੀ ਦਸ਼ਾ ਦੀ ਪਗਡੰਡੀ ਦੂਰ ਕਰ ।੧।ਰਹਾਉ।

ਹੇ ਭਾਈ! ਨਿਰਲੇਪ ਪ੍ਰਭੂ ਨੇ ਤ੍ਰਿਗੁਣੀ ਸੰਸਾਰ ਬਣਾਇਆ, ਇਸ ਵਿਚ ਇਹ ਅਨੇਕਾਂ (ਸਰੀਰ-) ਕੋਠੜੀਆਂ ਉਸ ਨੇ ਵੱਖ ਵੱਖ (ਕਿਸਮ ਦੀਆਂ) ਬਣਾ ਦਿੱਤੀਆਂ । (ਹਰੇਕ ਸਰੀਰ-ਕੋਠੜੀ) ਵਿਚ ਮਨ ਨੂੰ ਕੋਤਵਾਲ ਬਣਾ ਦਿੱਤਾ । ਪਿਆਰਾ ਪ੍ਰਭੂ (ਹਰੇਕ ਸਰੀਰ-ਕੋਠੜੀ ਵਿਚ) ਆਪਣੇ ਮੰਦਰ ਵਿਚ ਰਹਿੰਦਾ ਹੈ, ਅਤੇ ਉੱਥੇ ਆਨੰਦ ਮਾਣਦਾ ਹੈ । ਉਸ ਪ੍ਰਭੂ ਨੂੰ ਨਾਹ ਮੌਤ ਆਉਂਦੀ ਹੈ, ਨਾਹ ਬੁਢਾਪਾ ਉਸ ਦੇ ਨੇੜੇ ਢੁੱਕਦਾ ਹੈ ।੧।

ਹੇ ਭਾਈ! ਜੀਵ ਪ੍ਰਭੂ ਦੀ ਰਚੀ ਰਚਨਾ ਵਿਚ ਹੀ ਜੁੜਿਆ ਰਹਿੰਦਾ ਹੈ, ਕਈ ਤਰੀਕਿਆਂ ਨਾਲ ਭਟਕਦਾ ਫਿਰਦਾ ਹੈ, ਪਰਾਏ (ਧਨ ਨੂੰ, ਰੂਪ ਨੂੰ) ਤੱਕਦਾ ਫਿਰਦਾ ਹੈ, ਵਿਸ਼ੇ-ਵਿਕਾਰਾਂ ਵਿਚ ਘਿਰਿਆ ਰਹਿੰਦਾ ਹੈ ।

ਇਸ ਮਨੁੱਖਾ ਜਨਮ ਵਿਚ ਜਦੋਂ ਜੀਵ ਗੁਰੂ ਦੀ ਸੰਗਤਿ ਵਿਚ ਅੱਪੜਦਾ ਹੈ, ਤਾਂ ਪ੍ਰਭੂ ਦੇ ਦਰ ਤੇ ਆ ਖਲੋਂਦਾ ਹੈ, (ਪ੍ਰਭੂ ਦਾ) ਦਰਸਨ ਕਰਦਾ ਹੈ । ਹੇ ਨਾਨਕ! (ਜੇਹੜਾ ਭੀ ਮਨੁੱਖ) ਗੁਰੂ ਨੂੰ ਮਿਲਦਾ ਹੈ, ਉਹ ਮੁੜ ਜਨਮ-ਮਰਣ ਦੇ ਗੇੜ ਵਿਚ ਨਹੀਂ ਭਟਕਦਾ ।੨।੧।੪੪।

ਸੂਹੀ ਮਹਲਾ ੫ ॥ ਰਾਸਿ ਮੰਡਲੁ ਕੀਨੋ ਆਖਾਰਾ ॥ ਸਗਲੋ ਸਾਜਿ ਰਖਿਓ ਪਾਸਾਰਾ ॥੧॥ ਰਹਾਉ ॥ ਬਹੁ ਬਿਧਿ ਰੂਪ ਰੰਗ ਆਪਾਰਾ ॥ ਪੇਖੈ ਖੁਸੀ ਭੋਗ ਨਹੀ ਹਾਰਾ ॥ ਸਭਿ ਰਸ ਲੈਤ ਬਸਤ ਨਿਰਾਰਾ ॥੧॥ ਬਰਨੁ ਚਿਹਨੁ ਨਾਹੀ ਮੁਖੁ ਨ ਮਾਸਾਰਾ ॥ ਕਹਨੁ ਨ ਜਾਈ ਖੇਲੁ ਤੁਹਾਰਾ ॥ ਨਾਨਕ ਰੇਣ ਸੰਤ ਚਰਨਾਰਾ ॥੨॥੨॥੪੫॥ {ਪੰਨਾ ੭੪੬}

ਪਦ ਅਰਥ :—ਮੰਡਲੁ—ਮੰਡੂਆ । ਅਖਾਰਾ—ਜਗਤ-ਅਖਾੜਾ । ਸਗਲੋ ਪਾਸਾਰਾ—ਸਾਰਾ ਜਗਤ-ਖਿਲਾਰਾ । ਸਾਜ—ਸਾਜ ਕੇ ।੧।ਰਹਾਉ।

ਬਹੁ ਬਿਧਿ—ਕਈ ਕਿਸਮਾਂ ਦੇ । ਆਪਾਰਾ—ਬੇਅੰਤ । ਪੇਖੈ—ਵੇਖਦਾ ਹੈ । ਹਾਰਾ—ਥੱਕਦਾ । ਸਭਿ—ਸਾਰੇ । ਬਸਤ—ਵੱਸਦਾ ਹੈ । ਨਿਰਾਰਾ—ਨਿਰਾਲਾ, ਵੱਖਰਾ, ਨਿਰਲੇਪ ।੧।

ਬਰਨੁ—ਰੰਗ । ਚਿਹਨੁ—ਨਿਸ਼ਾਨ । ਮਾਸਾਰਾ—ਦਾੜ੍ਹੀ । ਰੇਣ—ਧੂੜ ।੨।

ਅਰਥ :—ਹੇ ਭਾਈ! ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਨੇ ਆਪ ਬਣਾ ਰੱਖਿਆ ਹੈ । ਇਹ (ਮਾਨੋ) ਉਸ ਨੇ (ਰਾਸਾਂ ਪਾਣ ਲਈ) ਅਖਾੜਾ ਤਿਆਰ ਕੀਤਾ ਹੈ, ਰਾਸਾਂ ਵਾਸਤੇ ਮੰਡੂਆ ਬਣਾ ਦਿੱਤਾ ਹੈ ।੧।ਰਹਾਉ।

ਹੇ ਭਾਈ! (ਇਸ ਜਗਤ-ਅਖਾੜੇ ਵਿਚ) ਕਈ ਕਿਸਮਾਂ ਦੇ ਬੇਅੰਤ ਰੂਪ ਹਨ ਰੰਗ ਹਨ (ਪਰਮਾਤਮਾ ਆਪ ਇਸ ਨੂੰ) ਖ਼ੁਸ਼ੀ ਨਾਲ ਵੇਖਦਾ ਹੈ, (ਪਦਾਰਥਾਂ ਦੇ) ਭੋਗ (ਭੋਗਦਾ ਹੈ, ਪਰ ਭੋਗਦਾ) ਥੱਕਦਾ ਨਹੀਂ । ਸਾਰੇ ਰਸ ਮਾਣਦਾ ਹੋਇਆ ਭੀ ਉਹ ਪ੍ਰਭੂ ਆਪ ਨਿਰਲੇਪ ਹੀ ਰਹਿੰਦਾ ਹੈ ।੧।

ਹੇ ਪ੍ਰਭੂ! ਤੇਰਾ ਰਚਿਆ ਜਗਤ-ਖੇਲ ਬਿਆਨ ਨਹੀਂ ਕੀਤਾ ਜਾ ਸਕਦਾ । ਤੇਰਾ ਨਾਹ ਕੋਈ ਰੰਗ ਹੈ, ਨਾਹ ਕੋਈ ਨਿਸ਼ਾਨ ਹੈ, ਨਾਹ ਤੇਰਾ ਕੋਈ ਮੂੰਹ ਹੈ, ਨਾਹ ਕੋਈ ਦਾੜ੍ਹੀ ਹੈ ।

ਹੇ ਨਾਨਕ! (ਆਖ—ਹੇ ਪ੍ਰਭੂ! ਮੈਂ ਤੇਰੇ ਦਰ ਤੋਂ ਤੇਰੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ।੨।੨।੪੫।

ਸੂਹੀ ਮਹਲਾ ੫ ॥ ਤਉ ਮੈ ਆਇਆ ਸਰਨੀ ਆਇਆ ॥ ਭਰੋਸੈ ਆਇਆ ਕਿਰਪਾ ਆਇਆ ॥ ਜਿਉ ਭਾਵੈ ਤਿਉ ਰਾਖਹੁ ਸੁਆਮੀ ਮਾਰਗੁ ਗੁਰਹਿ ਪਠਾਇਆ ॥੧॥ ਰਹਾਉ ॥ ਮਹਾ ਦੁਤਰੁ ਮਾਇਆ ॥ ਜੈਸੇ ਪਵਨੁ ਝੁਲਾਇਆ ॥੧॥ ਸੁਨਿ ਸੁਨਿ ਹੀ ਡਰਾਇਆ ॥ ਕਰਰੋ ਧ੍ਰਮਰਾਇਆ ॥੨॥ ਗ੍ਰਿਹ ਅੰਧ ਕੂਪਾਇਆ ॥ ਪਾਵਕੁ ਸਗਰਾਇਆ ॥੩॥ ਗਹੀ ਓਟ ਸਾਧਾਇਆ ॥ ਨਾਨਕ ਹਰਿ ਧਿਆਇਆ ॥ ਅਬ ਮੈ ਪੂਰਾ ਪਾਇਆ ॥੪॥੩॥੪੬॥ {ਪੰਨਾ ੭੪੬}

ਪਦ ਅਰਥ :—ਤਉ ਸਰਨੀ—ਤੇਰੀ ਸਰਨ । ਭਰੋਸੈ—ਭਰੋਸੇ ਨਾਲ, ਇਤਬਾਰ ਨਾਲ । ਸੁਆਮੀ—ਹੇ ਸੁਆਮੀ! ਮਾਰਗੁ—ਰਸਤਾ । ਗੁਰਹਿ—ਗੁਰੂ ਨੇ । ਪਠਾਇਆ—ਭੇਜਿਆ ਹੈ ।੧।ਰਹਾਉ।

ਦੁਤਰੁ—ਜਿਸ ਨੂੰ ਤਰਨਾ ਔਖਾ ਹੈ । ਝੁਲਾਇਆ—ਹੁਲਾਰੇ ਦੇਂਦੀ ਹੈ ।੧।

ਸੁਨਿ—ਸੁਣ ਕੇ । ਕਰਰੋ—ਕਰੜਾ, ਸਖ਼ਤ ।੨।

ਗ੍ਰਿਹ—ਘਰ, ਸੰਸਾਰ । ਕੂਪ—ਖੂਹ । ਪਾਵਕੁ—(ਤ੍ਰਿਸ਼ਨਾ ਦੀ) ਅੱਗ । ਸਗਰਾਇਆ—ਸਾਰਾ ।੩।

ਗਹੀ—ਫੜੀ । ਸਾਧਾਇਆ—ਗੁਰੂ (ਦੀ) । ਪੂਰਾ—ਪੂਰਨ ਪ੍ਰਭੂ ।੪।

ਅਰਥ :—ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਇਸ ਭਰੋਸੇ ਨਾਲ ਆਇਆ ਹਾਂ ਕਿ ਤੂੰ ਕਿਰਪਾ ਕਰੇਂਗਾ । ਸੋ, ਹੇ ਮਾਲਕ ਪ੍ਰਭੂ! ਜਿਵੇਂ ਤੈਨੂੰ ਚੰਗੇ ਲੱਗੇ, ਮੇਰੀ ਰੱਖਿਆ ਕਰ । (ਮੈਨੂੰ ਤੇਰੇ ਦਰ ਤੇ) ਗੁਰੂ ਨੇ ਭੇਜਿਆ ਹੈ, (ਮੈਨੂੰ ਤੇਰੇ ਦਰ ਦਾ) ਰਸਤਾ ਗੁਰੂ ਨੇ (ਵਿਖਾਇਆ ਹੈ) ।੧।ਰਹਾਉ।

ਹੇ ਪ੍ਰਭੂ! ਜਿਵੇਂ (ਤੇਜ਼) ਹਵਾ ਧੱਕੇ ਮਾਰਦੀ ਹੈ, ਤਿਵੇਂ ਮਾਇਆ (ਦੀਆਂ ਲਹਿਰਾਂ ਧੱਕੇ ਮਾਰਦੀਆਂ ਹਨ) (ਤੇਰੀ ਰਚੀ) ਮਾਇਆ (ਇਕ ਵੱਡਾ ਸਮੁੰਦਰ ਹੈ ਜਿਸ ਤੋਂ) ਪਾਰ ਲੰਘਣਾ ਬਹੁਤ ਔਖਾ ਹੈ ।੧।

ਹੇ ਪ੍ਰਭੂ! ਮੈਂ ਤਾਂ ਇਹ ਸੁਣ ਸੁਣ ਕੇ ਹੀ ਡਰ ਰਿਹਾ ਹਾਂ ਕਿ ਧਰਮਰਾਜ ਬੜਾ ਕਰੜਾ (ਹਾਕਮ) ਹੈ ।੨।

ਹੇ ਪ੍ਰਭੂ! ਇਹ ਸੰਸਾਰ ਇਕ ਅੰਨ੍ਹਾ ਖੂਹ ਹੈ, ਇਸ ਵਿਚ ਸਾਰੀ (ਤ੍ਰਿਸ਼ਨਾ ਦੀ) ਅੱਗ ਹੀ ਅੱਗ ਹੈ ।

ਹੇ ਨਾਨਕ (ਆਖ—ਹੇ ਪ੍ਰਭੂ! ਜਦੋਂ ਤੋਂ) ਮੈਂ ਗੁਰੂ ਦਾ ਆਸਰਾ ਲਿਆ ਹੈ, ਮੈਂ ਪਰਮਾਤਮਾ ਦਾ ਨਾਮ ਸਿਮਰ ਰਿਹਾ ਹਾਂ, ਤੇ, ਮੈਨੂੰ ਪੂਰਨ ਪ੍ਰਭੂ ਲੱਭ ਪਿਆ ਹੈ ।੪।੩।੪੬।

ਰਾਗੁ ਸੂਹੀ ਮਹਲਾ ੫ ਘਰੁ ੬

ੴ ਸਤਿਗੁਰ ਪ੍ਰਸਾਦਿ ॥ ਸਤਿਗੁਰ ਪਾਸਿ ਬੇਨੰਤੀਆ ਮਿਲੈ ਨਾਮੁ ਆਧਾਰਾ ॥ ਤੁਠਾ ਸਚਾ ਪਾਤਿਸਾਹੁ ਤਾਪੁ ਗਇਆ ਸੰਸਾਰਾ ॥੧॥ ਭਗਤਾ ਕੀ ਟੇਕ ਤੂੰ ਸੰਤਾ ਕੀ ਓਟ ਤੂੰ ਸਚਾ ਸਿਰਜਨਹਾਰਾ ॥੧॥ ਰਹਾਉ ॥ ਸਚੁ ਤੇਰੀ ਸਾਮਗਰੀ ਸਚੁ ਤੇਰਾ ਦਰਬਾਰਾ ॥ ਸਚੁ ਤੇਰੇ ਖਾਜੀਨਿਆ ਸਚੁ ਤੇਰਾ ਪਾਸਾਰਾ ॥੨॥ ਤੇਰਾ ਰੂਪੁ ਅਗੰਮੁ ਹੈ ਅਨੂਪੁ ਤੇਰਾ ਦਰਸਾਰਾ ॥ ਹਉ ਕੁਰਬਾਣੀ ਤੇਰਿਆ ਸੇਵਕਾ ਜਿਨ੍ ਹਰਿ ਨਾਮੁ ਪਿਆਰਾ ॥੩॥ ਸਭੇ ਇਛਾ ਪੂਰੀਆ ਜਾ ਪਾਇਆ ਅਗਮ ਅਪਾਰਾ ॥ ਗੁਰੁ ਨਾਨਕੁ ਮਿਲਿਆ ਪਾਰਬ੍ਰਹਮੁ ਤੇਰਿਆ ਚਰਣਾ ਕਉ ਬਲਿਹਾਰਾ ॥੪॥੧॥੪੭॥ {ਪੰਨਾ ੭੪੬}

ਪਦ ਅਰਥ :—ਆਧਾਰਾ—(ਜ਼ਿੰਦਗੀ ਦਾ) ਆਸਰਾ । ਤੁਠਾ—ਪ੍ਰਸੰਨ ਹੋਇਆ । ਸਚਾ—ਸਦਾ-ਥਿਰ ਰਹਿਣ ਵਾਲਾ । ਤਾਪੁ—ਸੰਸਾਰ ਵਾਲਾ ਤਾਪ, ਮਾਇਆ ਦੇ ਮੋਹ ਦਾ ਤਾਪ ।੧।

ਟੇਕ—ਸਹਾਰਾ । ਓਟ—ਆਸਰਾ । ਸਿਰਜਨਹਾਰਾ—ਪੈਦਾ ਕਰਨ ਵਾਲਾ ।੧।ਰਹਾਉ।

ਸਚੁ—ਸਦਾ-ਥਿਰ । ਸਾਮਗਰੀ—ਸਾਮਾਨ, ਪਦਾਰਥ । ਖਾਜੀਨਿਆ—ਖ਼ਜ਼ਾਨੇ । ਪਾਸਾਰਾ—ਜਗਤ-ਖਿਲਾਰਾ ।੨।

ਅਗੰਮੁ—{ਅਗËਯ} ਅਪਹੁੰਚ । ਅਨੂਪੁ—ਬੇ-ਮਿਸਾਲ, ਅਦੁੱਤੀ । ਦਰਸਾਰਾ—ਦਰਸਨ । ਹਉ—ਮੈਂ ।੩।

ਅਗਮ—ਅਪਹੁੰਚ । ਅਪਾਰਾ—ਬੇਅੰਤ । ਕਉ—ਨੂੰ, ਤੋਂ ।੪।

ਅਰਥ :—ਹੇ ਸਦਾ ਕਾਇਮ ਰਹਿਣ ਵਾਲੇ ਸਿਰਜਣਹਾਰ! ਤੂੰ (ਤੇਰਾ ਨਾਮ) ਤੇਰੇ ਭਗਤਾਂ ਦਾ ਸਹਾਰਾ ਹੈ, ਤੇਰਾ ਨਾਮ ਤੇਰੇ ਸੰਤਾਂ ਦਾ ਆਸਰਾ ਹੈ ।੧।ਰਹਾਉ।

ਹੇ ਭਾਈ! ਮੈਂ ਤਾਂ ਗੁਰੂ ਦੇ ਪਾਸ ਹੀ (ਸਦਾ) ਅਰਜ਼ੋਈ ਕਰਦਾ ਹਾਂ ਕਿ ਮੈਨੂੰ ਪਰਮਾਤਮਾ ਦਾ ਨਾਮ ਮਿਲ ਜਾਏ, (ਇਹ ਨਾਮ ਹੀ ਮੇਰੀ ਜ਼ਿੰਦਗੀ ਦਾ) ਸਹਾਰਾ (ਹੈ) । ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਾਤਿਸ਼ਾਹ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ (ਉਸ ਨੂੰ ਉਸ ਦਾ ਨਾਮ ਮਿਲਦਾ ਹੈ, ਤੇ) ਉਸ ਦਾ ਮਾਇਆ ਦੇ ਮੋਹ ਵਾਲਾ ਤਾਪ ਦੂਰ ਹੋ ਜਾਂਦਾ ਹੈ ।੧।

ਹੇ ਪ੍ਰਭੂ! ਤੇਰਾ ਦਰਬਾਰ ਸਦਾ ਕਾਇਮ ਰਹਿਣ ਵਾਲਾ ਹੈ, ਤੇਰੇ ਖ਼ਜ਼ਾਨੇ ਸਦਾ ਭਰਪੂਰ ਰਹਿਣ ਵਾਲੇ ਹਨ, (ਤੇਰੇ ਖ਼ਜ਼ਾਨਿਆਂ ਵਿਚ) ਤੇਰੇ ਪਦਾਰਥ ਸਦਾ-ਥਿਰ ਰਹਿਣ ਵਾਲੇ ਹਨ, ਤੇਰਾ ਰਚਿਆ ਜਗਤ-ਖਿਲਾਰਾ ਅਟੱਲ ਨਿਯਮਾਂ ਵਾਲਾ ਹੈ ।੨।

ਹੇ ਪ੍ਰਭੂ! ਤੇਰੀ ਹਸਤੀ ਐਸੀ ਹੈ ਜਿਸ ਤਕ (ਅਸਾਂ ਜੀਵਾਂ ਦੀ) ਪਹੁੰਚ ਨਹੀਂ ਹੋ ਸਕਦੀ, ਤੇਰਾ ਦਰਸਨ ਅਦੁੱਤੀ ਹੈ (ਤੇਰੇ ਵਰਗਾ ਹੋਰ ਕੋਈ ਨਹੀਂ) । ਹੇ

ਪ੍ਰਭੂ! ਮੈਂ ਤੇਰੇ ਉਹਨਾਂ ਸੇਵਕਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੂੰ ਤੇਰਾ ਨਾਮ ਪਿਆਰਾ ਲੱਗਦਾ ਹੈ ।੩।

ਹੇ ਅਪਹੁੰਚ ਪ੍ਰਭੂ! ਹੇ ਬੇਅੰਤ ਪ੍ਰਭੂ! ਜਦੋਂ (ਕਿਸੇ ਵਡ-ਭਾਗੀ ਨੂੰ) ਤੂੰ ਮਿਲ ਪੈਂਦਾ ਹੈਂ, ਉਸ ਦੀਆਂ ਸਾਰੀਆਂ ਮਨੋ-ਕਾਮਨਾ ਪੂਰੀਆਂ ਹੋ ਜਾਂਦੀਆਂ ਹਨ (ਉਸ ਨੂੰ ਕੋਈ ਥੁੜ ਨਹੀਂ ਰਹਿ ਜਾਂਦੀ, ਉਸ ਦੀ ਤ੍ਰਿਸਨਾ ਮੁੱਕ ਜਾਂਦੀ ਹੈ) । ਹੇ ਪ੍ਰਭੂ! ਮੈਂ ਤੇਰੇ ਚਰਨਾਂ ਤੋਂ ਸਦਕੇ ਜਾਂਦਾ ਹਾਂ । ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨਾਨਕ ਮਿਲ ਪਿਆ, ਉਸ ਨੂੰ ਪਰਮਾਤਮਾ ਮਿਲ ਪਿਆ ।੪।੧।੪੭।

ਰਾਗੁ ਸੂਹੀ ਮਹਲਾ ੫ ਘਰੁ ੭
ੴ ਸਤਿਗੁਰ ਪ੍ਰਸਾਦਿ ॥ ਤੇਰਾ ਭਾਣਾ ਤੂਹੈ ਮਨਾਇਹਿ ਜਿਸ ਨੋ ਹੋਹਿ ਦਇਆਲਾ ॥ ਸਾਈ ਭਗਤਿ ਜੋ ਤੁਧੁ ਭਾਵੈ ਤੂੰ ਸਰਬ ਜੀਆ ਪ੍ਰਤਿਪਾਲਾ ॥੧॥ ਮੇਰੇ ਰਾਮਰਾਇ ਸੰਤਾ ਟੇਕ ਤੁਮ੍ਾਰੀ ॥ ਜੋ ਤੁਧੁ ਭਾਵੈ ਸੋ ਪਰਵਾਣੁ ਮਨਿ ਤਨਿ ਤੂਹੈ ਅਧਾਰੀ ॥੧॥ ਰਹਾਉ ॥ ਤੂੰ ਦਇਆਲੁ ਕ੍ਰਿਪਾਲੁ ਕ੍ਰਿਪਾਨਿਧਿ ਮਨਸਾ ਪੂਰਣਹਾਰਾ ॥ ਭਗਤ ਤੇਰੇ ਸਭਿ ਪ੍ਰਾਣਪਤਿ ਪ੍ਰੀਤਮ ਤੂੰ ਭਗਤਨ ਕਾ ਪਿਆਰਾ ॥੨॥ ਤੂ ਅਥਾਹੁ ਅਪਾਰੁ ਅਤਿ ਊਚਾ ਕੋਈ ਅਵਰੁ ਨ ਤੇਰੀ ਭਾਤੇ ॥ ਇਹ ਅਰਦਾਸਿ ਹਮਾਰੀ ਸੁਆਮੀ ਵਿਸਰੁ ਨਾਹੀ ਸੁਖ ਦਾਤੇ ॥੩॥ ਦਿਨੁ ਰੈਣਿ ਸਾਸਿ ਸਾਸਿ ਗੁਣ ਗਾਵਾ ਜੇ ਸੁਆਮੀ ਤੁਧੁ ਭਾਵਾ ॥ ਨਾਮੁ ਤੇਰਾ ਸੁਖੁ ਨਾਨਕੁ ਮਾਗੈ ਸਾਹਿਬ ਤੁਠੈ ਪਾਵਾ ॥੪॥੧॥੪੮॥ {ਪੰਨਾ ੭੪੭}

ਪਦ ਅਰਥ :—ਤੂੰ ਹੈ—ਤੂੰ ਆਪ ਹੀ । ਭਾਣਾ—ਮਨਾਇਹਿ—ਤੂੰ ਰਜ਼ਾ ਵਿਚ ਤੋਰਦਾ ਹੈਂ । ਜਿਸ ਨੋ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਹੋਹਿ—ਤੂੰ ਹੁੰਦਾ ਹੈਂ । ਦਇਆਲਾ—ਦਇਆਵਾਨ । ਸਾਈ—ਉਹੀ । ਤੁਧੁ ਭਾਵੈ—ਤੈਨੂੰ ਪਸੰਦ ਆਉਂਦੀ ਹੈ ।੧।

ਰਾਮਰਾਇ—ਹੇ ਪ੍ਰਭੂ ਪਾਤਿਸ਼ਾਹ! ਟੇਕ—ਆਸਰਾ । ਪਰਵਾਣ—ਕਬੂਲ । ਮਨਿ—ਮਨ ਵਿਚ । ਅਧਾਰੀ—ਆਸਰਾ ।੧।ਰਹਾਉ।

ਕ੍ਰਿਪਾਨਿਧਿ—ਕਿਰਪਾ ਦਾ ਖ਼ਜ਼ਾਨਾ । ਮਨਸਾ—{ਮਨੀ—ਾ} ਮਨ ਦੀ ਕਾਮਨਾ । ਭਗਤ—{ਲਫ਼ਜ਼ 'ਭਗਤਿ' ਅਤੇ 'ਭਗਤ' ਦਾ ਫ਼ਰਕ ਚੇਤੇ ਰੱਖੋ} । ਸਭਿ—ਸਾਰੇ । ਪ੍ਰਾਣਪਤਿ—ਹੇ ਜਿੰਦ ਦੇ ਮਾਲਕ! ।੨।

ਅਥਾਹੁ—ਜਿਸ ਦੀ ਹਾਥ ਨਾਹ ਪੈ ਸਕੇ । ਅਪਾਰੁ—ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ । ਤੇਰੀ ਭਾਤੇ—ਤੇਰੀ ਭਾਂਤਿ ਦਾ, ਤੇਰੇ ਵਰਗੇ । ਸੁਆਮੀ—ਹੇ ਸੁਆਮੀ! ਸੁਖ ਦਾਤੇ—ਹੇ ਸੁਖ ਦੇਣ ਵਾਲੇ! ।੩।

ਰੈਣਿ—ਰਾਤ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਗਾਵਾ—ਗਾਵਾਂ, ਮੈਂ ਗਾਂਦਾ ਰਹਾਂ । ਤੁਠੈ—ਜੇ ਤ੍ਰੁੱਠ ਪਏ । ਪਾਵਾ—ਪਾਵਾਂ, ਮੈਂ ਹਾਸਲ ਕਰਾਂ ।੪।

ਅਰਥ :—ਹੇ ਮੇਰੇ ਪ੍ਰਭੂ ਪਾਤਿਸ਼ਾਹ! ਤੇਰੇ ਸੰਤਾਂ ਨੂੰ (ਸਦਾ) ਤੇਰਾ ਹੀ ਆਸਰਾ ਰਹਿੰਦਾ ਹੈ । ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹੀ (ਤੇਰੇ ਸੰਤਾਂ ਨੂੰ) ਪਰਵਾਨ ਹੁੰਦਾ ਹੈ । ਉਹਨਾਂ ਦੇ ਮਨ ਵਿਚ, ਉਹਨਾਂ ਦੇ ਤਨ ਵਿਚ, ਤੂੰ ਹੀ ਆਸਰਾ ਹੈਂ ।੧।ਰਹਾਉ।

ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਦਇਆਵਾਨ ਹੁੰਦਾ ਹੈਂ ਤੂੰ ਆਪ ਹੀ ਉਸ ਨੂੰ ਆਪਣੀ ਰਜ਼ਾ ਵਿਚ ਤੋਰਦਾ ਹੈਂ । ਅਸਲ ਭਗਤੀ ਉਹੀ ਹੈ ਜੋ ਤੈਨੂੰ ਪਸੰਦ ਆ ਜਾਂਦੀ ਹੈ । ਹੇ ਪ੍ਰਭੂ! ਤੂੰ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਹੈਂ ।੧।

ਹੇ ਪ੍ਰਭੂ! ਤੂੰ ਦਇਆ ਦਾ ਘਰ ਹੈਂ, ਤੂੰ ਕਿਰਪਾ ਦਾ ਖ਼ਜ਼ਾਨਾ ਹੈਂ, ਤੂੰ (ਆਪਣੇ ਭਗਤਾਂ ਦੀ) ਮਨੋ-ਕਾਮਨਾ ਪੂਰੀ ਕਰਨ ਵਾਲਾ ਹੈਂ । ਹੇ ਜਿੰਦ ਦੇ ਮਾਲਕ! ਹੇ ਪ੍ਰੀਤਮ ਪ੍ਰਭੂ! ਤੇਰੇ ਸਾਰੇ ਭਗਤ (ਤੈਨੂੰ ਪਿਆਰੇ ਲੱਗਦੇ ਹਨ), ਤੂੰ ਭਗਤਾਂ ਨੂੰ ਪਿਆਰਾ ਲੱਗਦਾ ਹੈਂ ।੨।

ਹੇ ਪ੍ਰਭੂ! (ਤੇਰੇ ਦਿਲ ਦੀ) ਡੂੰਘਾਈ ਨਹੀਂ ਲੱਭ ਸਕਦੀ, ਤੇਰੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਤੂੰ ਬਹੁਤ ਹੀ ਉੱਚਾ ਹੈਂ, ਕੋਈ ਹੋਰ ਤੇਰੇ ਵਰਗਾ ਨਹੀਂ ਹੈ । ਹੇ ਮਾਲਕ! ਹੇ ਸੁਖਾਂ ਦੇ ਦੇਣ ਵਾਲੇ! ਅਸਾਂ ਜੀਵਾਂ ਦੀ (ਤੇਰੇ ਅੱਗੇ) ਇਹੀ ਅਰਜ਼ੋਈ ਹੈ, ਕਿ ਸਾਨੂੰ ਤੂੰ ਕਦੇ ਭੀ ਨਾਹ ਭੁੱਲ ।੬।

ਹੇ ਸੁਆਮੀ! ਜੇ ਮੈਂ ਤੈਨੂੰ ਚੰਗਾ ਲੱਗਾਂ (ਜੇ ਤੇਰੀ ਮੇਰੇ ਉਤੇ ਮੇਹਰ ਹੋਵੇ) ਮੈਂ ਦਿਨ ਰਾਤ ਹਰੇਕ ਸਾਹ ਦੇ ਨਾਲ ਤੇਰੇ ਗੁਣ ਗਾਂਦਾ ਰਹਾਂ । (ਤੇਰਾ ਦਾਸ) ਨਾਨਕ (ਤੈਥੋਂ) ਤੇਰਾ ਨਾਮ ਮੰਗਦਾ ਹੈ (ਇਹੀ ਨਾਨਕ ਵਾਸਤੇ) ਸੁਖ (ਹੈ) । ਹੇ ਮੇਰੇ ਸਾਹਿਬ! ਜੇ ਤੂੰ ਦਇਆਵਾਨ ਹੋਵੇਂ, ਤਾਂ ਮੈਨੂੰ ਇਹ ਦਾਤਿ ਮਿਲ ਜਾਏ ।੪।੧।੪੮।

ਸੂਹੀ ਮਹਲਾ ੫ ॥ ਵਿਸਰਹਿ ਨਾਹੀ ਜਿਤੁ ਤੂ ਕਬ ਹੂ ਸੋ ਥਾਨੁ ਤੇਰਾ ਕੇਹਾ ॥ ਆਠ ਪਹਰ ਜਿਤੁ ਤੁਧੁ ਧਿਆਈ ਨਿਰਮਲ ਹੋਵੈ ਦੇਹਾ ॥੧॥ ਮੇਰੇ ਰਾਮ ਹਉ ਸੋ ਥਾਨੁ ਭਾਲਣ ਆਇਆ ॥ ਖੋਜਤ ਖੋਜਤ ਭਇਆ ਸਾਧਸੰਗੁ ਤਿਨ੍ ਸਰਣਾਈ ਪਾਇਆ ॥੧॥ ਰਹਾਉ ॥ ਬੇਦ ਪੜੇ ਪੜਿ ਬ੍ਰਹਮੇ ਹਾਰੇ ਇਕੁ ਤਿਲੁ ਨਹੀ ਕੀਮਤਿ ਪਾਈ ॥ ਸਾਧਿਕ ਸਿਧ ਫਿਰਹਿ ਬਿਲਲਾਤੇ ਤੇ ਭੀ ਮੋਹੇ ਮਾਈ ॥੨॥ ਦਸ ਅਉਤਾਰ ਰਾਜੇ ਹੋਇ ਵਰਤੇ ਮਹਾਦੇਵ ਅਉਧੂਤਾ ॥ ਤਿਨ੍ ਭੀ ਅੰਤੁ ਨ ਪਾਇਓ ਤੇਰਾ ਲਾਇ ਥਕੇ ਬਿਭੂਤਾ ॥੩॥ ਸਹਜ ਸੁਖ ਆਨੰਦ ਨਾਮ ਰਸ ਹਰਿ ਸੰਤੀ ਮੰਗਲੁ ਗਾਇਆ ॥ ਸਫਲ ਦਰਸਨੁ ਭੇਟਿਓ ਗੁਰ ਨਾਨਕ ਤਾ ਮਨਿ ਤਨਿ ਹਰਿ ਹਰਿ ਧਿਆਇਆ ॥੪॥੨॥੪੯॥ {ਪੰਨਾ ੭੪੭}

ਪਦ ਅਰਥ :—ਜਿਤੁ—ਜਿੱਥੇ, ਜਿਸ ਥਾਂ ਵਿਚ । ਕਬ ਹੂ—ਕਦੇ ਭੀ । ਕੇਹਾ—ਬੜਾ ਅਸਚਰਜ । ਤੁਧੁ—ਤੈਨੂੰ । ਧਿਆਈ—ਧਿਆਈਂ, ਮੈਂ ਧਿਆਨ ਧਰਦਾ ਰਹਾਂ । ਦੇਹਾ—ਸਰੀਰ ।੧।

ਹਉ—ਮੈਂ । ਖੋਜਤ—ਭਾਲਦਿਆਂ । ਸਾਧ ਸੰਗੁ—ਗੁਰਮੁਖਾਂ ਦਾ ਮੇਲ । ਤਿਨ੍ ਸਰਣਾਈ—ਉਹਨਾਂ ਦੀ ਸਰਨ ਵਿਚ ।੧।ਰਹਾਉ।

ਪੜੇ ਪੜਿ—ਪੜ੍ਹ ਪੜ੍ਹ ਕੇ, ਪੜਿ ਪੜਿ । ਬ੍ਰਹਮੇ—ਬ੍ਰਹਮਾ ਵਰਗੇ ਅਨੇਕਾਂ । ਤਿਲੁ—ਰਤਾ ਭਰ । ਸਾਧਿਕ—ਸਾਧਨ ਕਰਨ ਵਾਲੇ । ਸਿਧ—ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਕਰਾਮਾਤੀ ਜੋਗੀ । ਤੇ ਭੀ—ਉਹ ਭੀ {ਬਹੁ-ਵਚਨ} । ਮਾਈ—ਮਾਇਆ ।੨।

ਦਸ ਅਉਤਾਰ—{ਮੱਛ, ਕੱਛ, ਵਰਾਹ, ਨਰਸਿੰਘ, ਵਾਮਨ—ਸਤਜੁਗ ਦੇ ਅਵਤਾਰ । ਪਰਸ ਰਾਮ, ਰਾਮਚੰਦ੍ਰ—ਤ੍ਰੇਤੇ ਦੇ ਅਵਤਾਰ । ਕ੍ਰਿਸ਼ਨ—ਦੁਆਪਰ ਦਾ ਅਵਤਾਰ । ਬੁੱਧ, ਕਲਕੀ—ਕਲਿਜੁਗ ਦੇ ਅਵਤਾਰ} । ਰਾਜੇ—ਪੂਜਨੀਕ । ਮਹਾ ਦੇਵ—ਸ਼ਿਵ । ਅਵਧੂਤਾ—ਤਿਆਗੀ । ਬਿਭੂਤਾ—ਸੁਆਹ ।੩।

ਸਹਜ—ਆਤਮਕ ਅਡੋਲਤਾ । ਸੰਤੀ—ਸੰਤਾਂ ਨੇ । ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ । ਸਫਲ ਦਰਸਨੁ—ਜਿਸ ਦਾ ਦਰਸਨ ਫਲ ਦੇਣ ਵਾਲਾ ਹੈ । ਭੇਟਿਆ—ਮਿਲਿਆ । ਮਨਿ—ਮਨ ਵਿਚ । ਤਨਿ—ਹਿਰਦੇ ਵਿਚ ।੪।

ਅਰਥ :—ਹੇ ਮੇਰੇ ਰਾਮ! ਮੈਂ ਉਹ ਥਾਂ ਲੱਭਣ ਤੁਰ ਪਿਆ (ਜਿੱਥੇ ਮੈਂ ਤੇਰਾ ਦਰਸਨ ਕਰ ਸਕਾਂ) । ਲੱਭਦਿਆਂ ਲੱਭਦਿਆਂ ਮੈਨੂੰ ਗੁਰਮੁਖਾਂ ਦਾ ਸਾਥ ਮਿਲ ਗਿਆ, ਉਹਨਾਂ (ਗੁਰਮੁਖਾਂ) ਦੀ ਸਰਨ ਪੈ ਕੇ ਮੈਂ (ਤੈਨੂੰ ਭੀ) ਲੱਭ ਲਿਆ ।੧।ਰਹਾਉ।

ਹੇ ਮੇਰੇ ਰਾਮ! ਤੇਰਾ ਉਹ (ਸਾਧ ਸੰਗਤਿ) ਥਾਂ ਬੜਾ ਹੀ ਅਸਚਰਜ ਹੈ, ਜਿਸ ਵਿਚ ਬੈਠਿਆਂ ਤੂੰ ਕਦੇ ਭੀ ਨਾਹ ਭੁੱਲੇਂ, ਜਿਸ ਵਿਚ ਬੈਠ ਕੇ ਮੈਂ ਤੈਨੂੰ ਅੱਠੇ ਪਹਰ ਯਾਦ ਕਰ ਸਕਾਂ, ਤੇ, ਮੇਰਾ ਸਰੀਰ ਪਵਿਤ੍ਰ ਹੋ ਜਾਏ ।੧।

ਹੇ ਮੇਰੇ ਰਾਮ! ਬ੍ਰਹਮਾ ਵਰਗੇ ਅਨੇਕਾਂ ਵੇਦ (ਆਦਿਕ ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ ਥੱਕ ਗਏ, ਪਰ ਉਹ ਤੇਰੀ ਰਤਾ ਭੀ ਕਦਰ ਨਾਹ ਸਮਝ ਸਕੇ । ਸਾਧਨਾਂ ਕਰਨ ਵਾਲੇ ਜੋਗੀ, ਕਰਾਮਾਤੀ ਜੋਗੀ (ਤੇਰੇ ਦਰਸਨ ਨੂੰ) ਵਿਲਕਦੇ ਫਿਰਦੇ ਹਨ, ਪਰ ਉਹ ਭੀ ਮਾਇਆ ਦੇ ਮੋਹ ਵਿਚ ਹੀ ਫਸੇ ਰਹੇ ।੨।

ਹੇ ਮੇਰੇ ਰਾਮ! (ਵਿਸ਼ਨੂ ਦੇ) ਦਸ ਅਵਤਾਰ (ਆਪੋ ਆਪਣੇ ਜੁਗ ਵਿਚ) ਸਤਕਾਰ ਪ੍ਰਾਪਤ ਕਰਦੇ ਰਹੇ । ਸ਼ਿਵ ਜੀ ਬੜਾ ਤਿਆਗੀ ਪ੍ਰਸਿੱਧ ਹੋਇਆ । ਪਰ ਉਹ ਭੀ ਤੇਰੇ ਗੁਣਾਂ ਦਾ ਅੰਤ ਨਾਹ ਪਾ ਸਕੇ । (ਸ਼ਿਵ ਆਦਿਕ ਅਨੇਕਾਂ ਆਪਣੇ ਸਰੀਰ ਉਤੇ) ਸੁਆਹ ਮਲ ਮਲ ਕੇ ਥੱਕ ਗਏ ।੩।

ਹੇ ਨਾਨਕ! (ਆਖ—) ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਸਦਾ ਗਾਂਵਿਆ, ਉਹਨਾਂ ਨੇ ਆਤਮਕ ਅਡੋਲਤਾ ਦੇ ਸੁਖ ਆਨੰਦ ਮਾਣੇ, ਉਹਨਾਂ ਨਾਮ ਦਾ ਰਸ ਚੱਖਿਆ । ਜਦੋਂ ਉਹਨਾਂ ਨੂੰ ਉਹ ਗੁਰੂ ਮਿਲ ਪਿਆ, ਜਿਸ ਦਾ ਦਰਸਨ ਹੀ ਜੀਵਨ-ਮਨੋਰਥ ਪੂਰਾ ਕਰ ਦੇਂਦਾ ਹੈ, ਤਦੋਂ ਉਹਨਾਂ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਸ਼ੁਰੂ ਕਰ ਦਿੱਤਾ ।੪।੨।੪੯।

ਸੂਹੀ ਮਹਲਾ ੫ ॥ ਕਰਮ ਧਰਮ ਪਾਖੰਡ ਜੋ ਦੀਸਹਿ ਤਿਨ ਜਮੁ ਜਾਗਾਤੀ ਲੂਟੈ ॥ ਨਿਰਬਾਣ ਕੀਰਤਨੁ ਗਾਵਹੁ ਕਰਤੇ ਕਾ ਨਿਮਖ ਸਿਮਰਤ ਜਿਤੁ ਛੂਟੈ ॥੧॥ ਸੰਤਹੁ ਸਾਗਰੁ ਪਾਰਿ ਉਤਰੀਐ ॥ ਜੇ ਕੋ ਬਚਨੁ ਕਮਾਵੈ ਸੰਤਨ ਕਾ ਸੋ ਗੁਰ ਪਰਸਾਦੀ ਤਰੀਐ ॥੧॥ ਰਹਾਉ ॥ ਕੋਟਿ ਤੀਰਥ ਮਜਨ ਇਸਨਾਨਾ ਇਸੁ ਕਲਿ ਮਹਿ ਮੈਲੁ ਭਰੀਜੈ ॥ ਸਾਧ ਸੰਗਿ ਜੋ ਹਰਿ ਗੁਣ ਗਾਵੈ ਸੋ ਨਿਰਮਲੁ ਕਰਿ ਲੀਜੈ ॥੨॥ ਬੇਦ ਕਤੇਬ ਸਿਮ੍ਰਿਤਿ ਸਭਿ ਸਾਸਤ ਇਨ੍ਹ ਪੜਿਆ ਮੁਕਤਿ ਨ ਹੋਈ ॥ ਏਕੁ ਅਖਰੁ ਜੋ ਗੁਰਮੁਖਿ ਜਾਪੈ ਤਿਸ ਕੀ ਨਿਰਮਲ ਸੋਈ ॥੩॥ ਖਤ੍ਰੀ ਬ੍ਰਾਹਮਣ ਸੂਦ ਵੈਸ ਉਪਦੇਸੁ ਚਹੁ ਵਰਨਾ ਕਉ ਸਾਝਾ ॥ ਗੁਰਮੁਖਿ ਨਾਮੁ ਜਪੈ ਉਧਰੈ ਸੋ ਕਲਿ ਮਹਿ ਘਟਿ ਘਟਿ ਨਾਨਕ ਮਾਝਾ ॥੪॥੩॥੫੦॥ {ਪੰਨਾ ੭੪੭}

ਪਦ ਅਰਥ :—ਕਰਮ ਧਰਮ—(ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕੰਮ । ਪਾਖੰਡ—ਵਿਖਾਵੇ ਦੇ ਕੰਮ । ਤਿਨ—ਉਹਨਾਂ ਨੂੰ । ਜਾਗਾਤੀ—ਮਸੂਲੀਆ । ਨਿਰਬਾਣ—{ਨਿਵਾਣ} ਵਾਸਨਾ-ਰਹਿਤ ਹੋ ਕੇ । ਕਰਤੇ ਕਾ—ਕਰਤਾਰ ਦਾ । ਨਿਮਖ—ਅੱਖ ਝਮਕਣ ਜਿਤਨਾ ਸਮਾ । ਜਿਤੁ—ਜਿਸ ਦੀ ਰਾਹੀਂ, ਜਿਸ (ਕੀਰਤਨ) ਦੀ ਰਾਹੀਂ । ਛੂਟੈ—(ਮਨੁੱਖ ਵਿਕਾਰਾਂ ਤੋਂ) ਬਚ ਜਾਂਦਾ ਹੈ ।੧।

ਸਾਗਰੁ—(ਸੰਸਾਰ-) ਸਮੁੰਦਰ । ਉਤਰੀਐ—ਲੰਘ ਜਾਈਦਾ ਹੈ । ਕੋ—ਕੋਈ ਮਨੁੱਖ । ਪਰਸਾਦੀ—ਕਿਰਪਾ ਨਾਲ ।੧।ਰਹਾਉ।

ਕੋਟਿ—ਕ੍ਰੋੜਾਂ । ਮਜਨ—ਇਸ਼ਨਾਨ । ਕਲਿ ਮਹਿ—ਜਗਤ ਵਿਚ {ਨੋਟ :—ਕਿਸੇ ਖ਼ਾਸ 'ਜੁਗ' ਦਾ ਜ਼ਿਕਰ ਨਹੀਂ ਚੱਲ ਰਿਹਾ} । ਸੰਗਿ—ਸੰਗਤਿ ਵਿਚ । ਕਰਿ ਲੀਜੈ—ਕਰ ਲਿਆ ਜਾਂਦਾ ਹੈ ।੨।

ਕਤੇਬ—ਸ਼ਾਮੀ ਮਤਾਂ ਦੇ ਧਰਮ-ਪੁਸਤਕ (ਕੁਰਾਨ, ਅੰਜੀਲ, ਜ਼ੰਬੂਰ, ਤੌਰੇਤ) । ਸਭਿ—ਸਾਰੇ । ਪੜਿਆ—ਨਿਰੇ ਪੜ੍ਹਨ ਨਾਲ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਅਖਰੁ—{ਅ ਰ} ਨਾਸ-ਰਹਿਤ, ਅਬਿਨਾਸੀ ਪ੍ਰਭੂ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਤਿਸ ਕੀ—{ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ} । ਸੋਈ—ਸੋਭਾ ।੩।

ਉਧਰੈ—(ਵਿਕਾਰਾਂ ਤੋਂ) ਬਚ ਜਾਂਦਾ ਹੈ । ਕਲਿ ਮਹਿ—ਜਗਤ ਵਿਚ । ਘਟਿ ਘਟਿ—ਹਰੇਕ ਸਰੀਰ ਵਿਚ । ਮਾਝਾ—ਵਿਚ ।੪।

ਅਰਥ :—ਹੇ ਸੰਤ ਜਨੋ! (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ । ਜੇ ਕੋਈ ਮਨੁੱਖ ਸੰਤ ਜਨਾਂ ਦੇ ਉਪਦੇਸ਼ ਨੂੰ (ਜੀਵਨ ਵਿਚ) ਕਮਾ ਲਏ, ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਪਾਰ ਲੰਘ ਜਾਂਦਾ ਹੈ ।੧।ਰਹਾਉ।

ਹੇ ਭਾਈ! (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕੰਮ ਵਿਖਾਵੇ ਦੇ ਕੰਮ ਹਨ, ਇਹ ਕੰਮ ਜਿਤਨੇ ਭੀ ਲੋਕ ਕਰਦੇ ਦਿੱਸਦੇ ਹਨ, ਉਹਨਾਂ ਨੂੰ ਮਸੂਲੀਆ ਜਮ ਲੁੱਟ ਲੈਂਦਾ ਹੈ । (ਇਸ ਵਾਸਤੇ) ਵਾਸਨਾ-ਰਹਿਤ ਹੋ ਕੇ ਕਰਤਾਰ ਦੀ ਸਿਫ਼ਤਿ-ਸਾਲਾਹ ਕਰਿਆ ਕਰੋ, ਕਿਉਂਕਿ ਇਸ ਦੀ ਬਰਕਤਿ ਨਾਲ ਛਿਨ-ਭਰ ਨਾਮ ਸਿਮਰਿਆਂ ਹੀ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਪਾ ਲੈਂਦਾ ਹੈ ।੧।

ਹੇ ਭਾਈ! ਕ੍ਰੋੜਾਂ ਤੀਰਥਾਂ ਦੇ ਇਸ਼ਨਾਨ (ਕਰਦਿਆਂ ਤਾਂ) ਜਗਤ ਵਿਚ (ਵਿਕਾਰਾਂ ਦੀ) ਮੈਲ ਨਾਲ ਲਿਬੜ ਜਾਈਦਾ ਹੈ । ਪਰ ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਉਹ ਪਵਿਤ੍ਰ ਜੀਵਨ ਵਾਲਾ ਬਣ ਜਾਂਦਾ ਹੈ ।੨।

ਹੇ ਭਾਈ! ਵੇਦ ਪੁਰਾਣ ਸਿੰਮ੍ਰਤੀਆਂ ਇਹ ਸਾਰੇ (ਹਿੰਦੂ ਧਰਮ ਦੇ ਪੁਸਤਕ) (ਕੁਰਾਨ ਅੰਜੀਲ ਆਦਿਕ) ਇਹ ਸਾਰੇ (ਸ਼ਾਮੀ ਮਤਾਂ ਦੇ ਪੁਸਤਕ) ਨਿਰੇ ਪੜ੍ਹਨ ਨਾਲ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ । ਪਰ ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਕ ਅਬਿਨਾਸੀ ਪ੍ਰਭੂ ਦਾ ਨਾਮ ਜਪਦਾ ਹੈ, ਉਸ ਦੀ (ਲੋਕ ਪਰਲੋਕ ਵਿਚ) ਪਵਿਤ੍ਰ ਸੋਭਾ ਬਣ ਜਾਂਦੀ ਹੈ ।੩।

ਹੇ ਭਾਈ! (ਪਰਮਾਤਮਾ ਦਾ ਨਾਮ ਸਿਮਰਨ ਦਾ) ਉਪਦੇਸ਼ ਖੱਤ੍ਰੀ ਬ੍ਰਾਹਮਣ ਵੈਸ਼ ਸ਼ੂਦਰ ਚੌਹਾਂ ਵਰਨਾਂ ਦੇ ਲੋਕਾਂ ਵਾਸਤੇ ਇਕੋ ਜਿਹਾ ਹੈ। (ਕਿਸੇ ਭੀ ਵਰਨ ਦਾ ਹੋਵੇ) ਜੇਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਪ੍ਰਭੂ ਦਾ ਨਾਮ ਜਪਦਾ ਹੈ ਉਹ ਜਗਤ ਵਿਚ ਵਿਕਾਰਾਂ ਤੋਂ ਬਚ ਨਿਕਲਦਾ ਹੈ । ਹੇ ਨਾਨਕ! ਉਸ ਮਨੁੱਖ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸਦਾ ਹੈ ।੪।੩।੫੦।

ਸੂਹੀ ਮਹਲਾ ੫ ॥ ਜੋ ਕਿਛੁ ਕਰੈ ਸੋਈ ਪ੍ਰਭ ਮਾਨਹਿ ਓਇ ਰਾਮ ਨਾਮ ਰੰਗਿ ਰਾਤੇ ॥ ਤਿਨ੍ ਕੀ ਸੋਭਾ ਸਭਨੀ ਥਾਈ ਜਿਨ੍ ਪ੍ਰਭ ਕੇ ਚਰਣ ਪਰਾਤੇ ॥੧॥ ਮੇਰੇ ਰਾਮ ਹਰਿ ਸੰਤਾ ਜੇਵਡੁ ਨ ਕੋਈ ॥ ਭਗਤਾ ਬਣਿ ਆਈ ਪ੍ਰਭ ਅਪਨੇ ਸਿਉ ਜਲਿ ਥਲਿ ਮਹੀਅਲਿ ਸੋਈ ॥੧॥ ਰਹਾਉ ॥ ਕੋਟਿ ਅਪ੍ਰਾਧੀ ਸੰਤ ਸੰਗਿ ਉਧਰੈ ਜਮੁ ਤਾ ਕੈ ਨੇੜਿ ਨ ਆਵੈ ॥ ਜਨਮ ਜਨਮ ਕਾ ਬਿਛੁੜਿਆ ਹੋਵੈ ਤਿਨ੍ ਹਰਿ ਸਿਉ ਆਣਿ ਮਿਲਾਵੈ ॥੨॥ ਮਾਇਆ ਮੋਹ ਭਰਮੁ ਭਉ ਕਾਟੈ ਸੰਤ ਸਰਣਿ ਜੋ ਆਵੈ ॥ ਜੇਹਾ ਮਨੋਰਥੁ ਕਰਿ ਆਰਾਧੇ ਸੋ ਸੰਤਨ ਤੇ ਪਾਵੈ ॥੩॥ ਜਨ ਕੀ ਮਹਿਮਾ ਕੇਤਕ ਬਰਨਉ ਜੋ ਪ੍ਰਭ ਅਪਨੇ ਭਾਣੇ ॥ ਕਹੁ ਨਾਨਕ ਜਿਨ ਸਤਿਗੁਰੁ ਭੇਟਿਆ ਸੇ ਸਭ ਤੇ ਭਏ ਨਿਕਾਣੇ ॥੪॥੪॥੫੧॥ {ਪੰਨਾ ੭੪੮}

ਪਦ ਅਰਥ :—ਕਰੈ—(ਪਰਮਾਤਮਾ) ਕਰਦਾ ਹੈ । ਪ੍ਰਭ ਮਾਨਹਿ—ਪ੍ਰਭੂ ਦਾ ਕੀਤਾ ਮੰਨਦੇ ਹਨ । ਓਇ—ਉਹ ਸੰਤ ਜਨ {ਲਫ਼ਜ਼ 'ਓਹੁ' ਤੋਂ ਬਹੁ-ਵਚਨ} । ਰੰਗਿ—ਰੰਗ ਵਿਚ । ਰਾਤੇ—ਰੰਗੇ ਹੋਏ । ਥਾਈ—ਥਾਈਂ, ਥਾਵਾਂ ਵਿਚ । ਪਰਾਤੇ—ਪਛਾਣੇ, ਸਾਂਝ ਪਾ ਲਈ ।੧।

ਜੇਵਡੁ—ਜੇਡਾ, ਬਰਾਬਰ ਦਾ । ਸਿਉ—ਨਾਲ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ ।੧।ਰਹਾਉ।

ਕੋਟਿ ਅਪ੍ਰਾਧੀ—ਕ੍ਰੋੜਾਂ ਪਾਪ ਕਰਨ ਵਾਲਾ । ਸੰਗਿ—ਸੰਗਤਿ ਵਿਚ । ਉਧਰੈ—ਵਿਕਾਰਾਂ ਤੋਂ ਬਚ ਜਾਂਦਾ ਹੈ । ਕੈ ਨੇੜਿ—ਦੇ ਨੇੜੇ । ਸਿਉ—ਨਾਲ । ਆਣਿ—ਲਿਆ ਕੇ ।੨।

ਭਰਮੁ—ਭਟਕਣਾ । ਕਰਿ—ਕਰ ਕੇ, ਧਾਰ ਕੇ । ਤੇ—ਤੋਂ, ਪਾਸੋਂ ।੩।

ਮਹਿਮਾ—ਵਡਿਆਈ । ਕੇਤਕ—ਕਿਤਨੀ ਕੁ । ਬਰਨਉ—ਬਰਨਉਂ, ਮੈਂ ਬਿਆਨ ਕਰਾਂ । ਭਾਣੇ—ਚੰਗੇ ਲੱਗੇ । ਸਭ ਤੇ—ਸਾਰੀ ਲੁਕਾਈ ਤੋਂ । ਨਿਕਾਣੇ—ਬੇ-ਮੁਥਾਜ ।੪।

ਅਰਥ :—ਹੇ ਮੇਰੇ ਪ੍ਰਭੂ! ਤੇਰੇ ਸੰਤਾਂ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ । ਹੇ ਭਾਈ! ਸੰਤ ਜਨਾਂ ਦੀ ਪਰਮਾਤਮਾ ਨਾਲ ਡੂੰਘੀ ਪ੍ਰੀਤਿ ਬਣੀ ਰਹਿੰਦੀ ਹੈ, ਉਹਨਾਂ ਨੂੰ ਪਰਮਾਤਮਾ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਵੱਸਦਾ ਦਿੱਸਦਾ ਹੈ ।੧।ਰਹਾਉ।

ਹੇ ਭਾਈ! ਉਹ ਸੰਤ ਜਨ ਪਰਮਾਤਮਾ ਦੇ ਨਾਮ ਦੇ ਰੰਗ ਵਿਚ ਰੰਗੇ ਰਹਿੰਦੇ ਹਨ । ਜੋ ਕੁਝ ਪਰਮਾਤਮਾ ਕਰਦਾ ਹੈ, ਉਸ ਨੂੰ ਉਹ ਪਰਮਾਤਮਾ ਦਾ ਕੀਤਾ ਹੀ ਮੰਨਦੇ ਹਨ । ਹੇ ਭਾਈ! ਜਿਨ੍ਹਾਂ ਪਰਮਾਤਮਾ ਦੇ ਚਰਨਾਂ ਨਾਲ ਸਾਂਝ ਪਾ ਲਈ, ਉਹਨਾਂ ਦੀ ਵਡਿਆਈ ਸਭ ਥਾਵਾਂ ਵਿਚ (ਖਿੱਲਰ ਜਾਂਦੀ ਹੈ) ।੧।

ਹੇ ਭਾਈ! ਕ੍ਰੋੜਾਂ ਅਪਰਾਧ ਕਰਨ ਵਾਲਾ ਮਨੁੱਖ ਭੀ ਸੰਤ ਦੀ ਸੰਗਤਿ ਵਿਚ (ਟਿਕ ਕੇ) ਵਿਕਾਰਾਂ ਤੋਂ ਬਚ ਜਾਂਦਾ ਹੈ, (ਫਿਰ) ਜਮ ਉਸ ਦੇ ਨੇੜੇ ਨਹੀਂ ਆਉਂਦਾ । ਜੇ ਕੋਈ ਮਨੁੱਖ ਅਨੇਕਾਂ ਜਨਮਾਂ ਤੋਂ ਪਰਮਾਤਮਾ ਨਾਲੋਂ ਵਿਛੁੜਿਆ ਹੋਵੇ—ਸੰਤ ਅਜੇਹੇ ਅਨੇਕਾਂ ਮਨੁੱਖਾਂ ਨੂੰ ਲਿਆ ਕੇ ਪਰਮਾਤਮਾ ਨਾਲ ਮਿਲਾ ਦੇਂਦਾ ਹੈ ।੨।

ਹੇ ਭਾਈ! ਜੇਹੜਾ ਭੀ ਮਨੁੱਖ ਸੰਤ ਦੀ ਸਰਨ ਆ ਪੈਂਦਾ ਹੈ, ਸੰਤ ਉਸ ਦੇ ਅੰਦਰੋਂ ਮਾਇਆ ਦਾ ਮੋਹ, ਭਟਕਣਾ, ਡਰ ਦੂਰ ਕਰ ਦੇਂਦਾ ਹੈ । ਮਨੁੱਖ ਜਿਹੋ ਜਿਹੀ ਵਾਸਨਾ ਧਾਰ ਕੇ ਪ੍ਰਭੂ ਦਾ ਸਿਮਰਨ ਕਰਦਾ ਹੈ ਉਹ ਉਹੀ ਫ਼ਲ ਸੰਤ ਜਨਾਂ ਤੋਂ ਪ੍ਰਾਪਤ ਕਰ ਲੈਂਦਾ ਹੈ ।੩।

ਹੇ ਭਾਈ! ਜੇਹੜੇ ਸੇਵਕ ਆਪਣੇ ਪ੍ਰਭੂ ਨੂੰ ਪਿਆਰੇ ਲੱਗ ਚੁਕੇ ਹਨ, ਮੈਂ ਉਹਨਾਂ ਦੀ ਕਿਤਨੀ ਕੁ ਵਡਿਆਈ ਬਿਆਨ ਕਰਾਂ? ਹੇ ਨਾਨਕ! ਆਖ—ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪਿਆ, ਉਹ ਸਾਰੀ ਲੁਕਾਈ ਤੋਂ ਬੇ-ਮੁਥਾਜ ਹੋ ਗਏ ।੪।੪।੫੧।

ਸੂਹੀ ਮਹਲਾ ੫ ॥ ਮਹਾ ਅਗਨਿ ਤੇ ਤੁਧੁ ਹਾਥ ਦੇ ਰਾਖੇ ਪਏ ਤੇਰੀ ਸਰਣਾਈ ॥ ਤੇਰਾ ਮਾਣੁ ਤਾਣੁ ਰਿਦ ਅੰਤਰਿ ਹੋਰ ਦੂਜੀ ਆਸ ਚੁਕਾਈ ॥੧॥ ਮੇਰੇ ਰਾਮਰਾਇ ਤੁਧੁ ਚਿਤਿ ਆਇਐ ਉਬਰੇ ॥ ਤੇਰੀ ਟੇਕ ਭਰਵਾਸਾ ਤੁਮ੍ਰਾ ਜਪਿ ਨਾਮੁ ਤੁਮ੍ਾਰਾ ਉਧਰੇ ॥੧॥ ਰਹਾਉ ॥ ਅੰਧ ਕੂਪ ਤੇ ਕਾਢਿ ਲੀਏ ਤੁਮ੍ ਆਪਿ ਭਏ ਕਿਰਪਾਲਾ ॥ ਸਾਰਿ ਸਮ੍ਾਲਿ ਸਰਬ ਸੁਖ ਦੀਏ ਆਪਿ ਕਰੇ ਪ੍ਰਤਿਪਾਲਾ ॥੨॥ ਆਪਣੀ ਨਦਰਿ ਕਰੇ ਪਰਮੇਸਰੁ ਬੰਧਨ ਕਾਟਿ ਛਡਾਏ ॥ ਆਪਣੀ ਭਗਤਿ ਪ੍ਰਭਿ ਆਪਿ ਕਰਾਈ ਆਪੇ ਸੇਵਾ ਲਾਏ ॥੩॥ ਭਰਮੁ ਗਇਆ ਭੈ ਮੋਹ ਬਿਨਾਸੇ ਮਿਟਿਆ ਸਗਲ ਵਿਸੂਰਾ ॥ ਨਾਨਕ ਦਇਆ ਕਰੀ ਸੁਖਦਾਤੈ ਭੇਟਿਆ ਸਤਿਗੁਰੁ ਪੂਰਾ ॥੪॥੫॥੫੨॥ {ਪੰਨਾ ੭੪੮}

ਪਦ ਅਰਥ :—ਮਹਾ ਅਗਨਿ ਤੇ—(ਤ੍ਰਿਸ਼ਨਾ ਦੀ) ਵੱਡੀ ਅੱਗ ਤੋਂ । ਤੁਧੁ—ਤੂੰ । ਦੇ—ਦੇ ਕੇ । ਤਾਣੁ—ਬਲ, ਤਾਕਤ । ਰਿਦ—ਹਿਰਦਾ । ਚੁਕਾਈ—ਦੂਰ ਕਰ ਦਿੱਤੀ ।੧।

ਰਾਮ ਰਾਇ—ਹੇ ਪ੍ਰਭੂ-ਪਾਤਿਸ਼ਾਹ! ਤੁਧੁ ਚਿਤਿ ਆਈਐ—ਜੇ ਤੂੰ ਚਿੱਤ ਵਿਚ ਆ ਵੱਸੇਂ । ਉਬਰੇ—ਡੁੱਬਣੋਂ ਬਚ ਗਏ । ਟੇਕ—ਆਸਰਾ । ਉਧਰੇ—ਵਿਕਾਰਾਂ ਤੋਂ ਬਚ ਗਏ ।੧।ਰਹਾਉ।

ਅੰਧ ਕੂਪ ਤੇ—ਹਨੇਰੇ ਖੂਹ ਵਿਚੋਂ । ਤੇ—ਤੋਂ, ਵਿਚੋਂ । ਸਾਰਿ—ਸਾਰ ਲੈ ਕੇ । ਸਮ੍ਾਲਿ—ਸੰਭਾਲ ਕਰ ਕੇ ।੨।

ਨਦਰਿ—ਮੇਹਰ ਦੀ ਨਿਗਾਹ । ਕਾਟਿ—ਕੱਟ ਕੇ । ਪ੍ਰਭਿ—ਪ੍ਰਭੂ ਨੇ ।੩।

ਭਰਮੁ—ਭਟਕਣਾ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਵਿਸੂਰਾ—ਝੋਰਾ, ਚਿੰਤਾ । ਸੁਖਦਾਤੈ—ਸੁਖਦਾਤੇ ਨੇ । ਭੇਟਿਆ—ਮਿਲ ਗਿਆ ।੪।

ਅਰਥ :—ਹੇ ਮੇਰੇ ਪ੍ਰਭੂ-ਪਾਤਿਸ਼ਾਹ! ਜੇ ਤੂੰ (ਜੀਵਾਂ ਦੇ) ਚਿੱਤ ਵਿਚ ਆ ਵੱਸੇਂ, ਤਾਂ ਉਹ (ਸੰਸਾਰ-ਸਮੁੰਦਰ ਵਿਚ) ਡੁੱਬਣੋਂ ਬਚ ਜਾਂਦੇ ਹਨ । ਉਹ ਮਨੁੱਖ ਤੇਰਾ ਨਾਮ ਜਪ ਕੇ ਵਿਕਾਰਾਂ ਤੋਂ ਖ਼ਲਾਸੀ ਪਾ ਲੈਂਦੇ ਹਨ, ਉਹਨਾਂ ਨੂੰ (ਹਰ ਗੱਲੇ) ਤੇਰਾ ਹੀ ਆਸਰਾ ਤੇਰੀ ਸਹਾਇਤਾ ਦਾ ਭਰੋਸਾ ਬਣਿਆ ਰਹਿੰਦਾ ਹੈ ।੧।ਰਹਾਉ।

ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਸਰਨ ਆ ਪਏ, ਤੂੰ ਉਹਨਾਂ ਨੂੰ ਆਪਣੇ ਹੱਥ ਦੇ ਕੇ (ਤ੍ਰਿਸ਼ਨਾ ਦੀ) ਵੱਡੀ ਅੱਗ ਤੋਂ ਬਚਾ ਲਿਆ । ਉਹਨਾਂ ਨੇ ਕਿਸੇ ਹੋਰ ਦੀ ਮਦਦ ਦੀ ਆਸ ਆਪਣੇ ਦਿਲੋਂ ਮੁਕਾ ਦਿੱਤੀ, ਉਹਨਾਂ ਦੇ ਹਿਰਦੇ ਵਿਚ ਤੇਰਾ ਹੀ ਮਾਣ ਤੇਰਾ ਹੀ ਸਹਾਰਾ ਬਣਿਆ ਰਹਿੰਦਾ ਹੈ ।੧।

ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਉਤੇ ਤੂੰ ਆਪ ਦਇਆਵਾਨ ਹੋ ਗਿਆ, ਤੂੰ ਉਹਨਾਂ ਨੂੰ (ਮਾਇਆ ਦੇ ਮੋਹ ਦੇ) ਹਨੇਰੇ ਖੂਹ ਵਿਚੋਂ ਕੱਢ ਲਿਆ, ਤੂੰ ਉਹਨਾਂ ਦੀ ਸਾਰ ਲੈ ਕੇ, ਉਹਨਾਂ ਦੀ ਸੰਭਾਲ ਕਰ ਕੇ ਉਹਨਾਂ ਨੂੰ ਸਾਰੇ ਸੁਖ ਬਖ਼ਸ਼ੇ । ਹੇ ਭਾਈ! ਪ੍ਰਭੂ ਆਪ ਉਹਨਾਂ ਦੀ ਪਾਲਣਾ ਕਰਦਾ ਹੈ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਆਪਣੀ ਮੇਹਰ ਦੀ ਨਿਗਾਹ ਕਰਦਾ ਹੈ, ਉਹਨਾਂ ਦੇ (ਮੋਹ ਦੇ) ਬੰਧਨ ਕੱਟ ਕੇ ਉਹਨਾਂ ਨੂੰ ਵਿਕਾਰਾਂ ਤੋਂ ਛਡਾ ਲੈਂਦਾ ਹੈ । ਉਹਨਾਂ ਨੂੰ ਆਪ ਹੀ ਆਪਣੀ ਸੇਵਾ-ਭਗਤੀ ਵਿਚ ਜੋੜ ਲੈਂਦਾ ਹੈ । ਹੇ ਭਾਈ! ਪ੍ਰਭੂ ਨੇ ਉਹਨਾਂ ਪਾਸੋਂ ਆਪਣੀ ਭਗਤੀ ਆਪ ਹੀ ਕਰਾ ਲਈ ।੩।

ਹੇ ਨਾਨਕ! ਸੁਖ ਦੇਣ ਵਾਲੇ ਪ੍ਰਭੂ ਨੇ ਜਿਨ੍ਹਾਂ ਉਤੇ ਦਇਆ ਕੀਤੀ ਉਹਨਾਂ ਨੂੰ ਪੂਰਾ ਗੁਰੂ ਮਿਲ ਪਿਆ, (ਉਹਨਾਂ ਦੇ ਅੰਦਰੋਂ) ਭਟਕਣਾ ਦੂਰ ਹੋ ਗਈ, ਉਹਨਾਂ ਦੇ ਅੰਦਰੋਂ ਮੋਹ ਅਤੇ ਹੋਰ ਸਾਰੇ ਡਰ ਨਾਸ ਹੋ ਗਏ, ਉਹਨਾਂ ਦਾ ਸਾਰਾ ਚਿੰਤਾ-ਝੋਰਾ ਮੁੱਕ ਗਿਆ ।੪।੫।੫੨।

ਸੂਹੀ ਮਹਲਾ ੫ ॥ ਜਬ ਕਛੁ ਨ ਸੀਓ ਤਬ ਕਿਆ ਕਰਤਾ ਕਵਨ ਕਰਮ ਕਰਿ ਆਇਆ ॥ ਅਪਨਾ ਖੇਲੁ ਆਪਿ ਕਰਿ ਦੇਖੈ ਠਾਕੁਰਿ ਰਚਨੁ ਰਚਾਇਆ ॥੧॥ ਮੇਰੇ ਰਾਮਰਾਇ ਮੁਝ ਤੇ ਕਛੂ ਨ ਹੋਈ ॥ ਆਪੇ ਕਰਤਾ ਆਪਿ ਕਰਾਏ ਸਰਬ ਨਿਰੰਤਰਿ ਸੋਈ ॥੧॥ ਰਹਾਉ ॥ ਗਣਤੀ ਗਣੀ ਨ ਛੂਟੈ ਕਤਹੂ ਕਾਚੀ ਦੇਹ ਇਆਣੀ ॥ ਕ੍ਰਿਪਾ ਕਰਹੁ ਪ੍ਰਭ ਕਰਣੈਹਾਰੇ ਤੇਰੀ ਬਖਸ ਨਿਰਾਲੀ ॥੨॥ ਜੀਅ ਜੰਤ ਸਭ ਤੇਰੇ ਕੀਤੇ ਘਟਿ ਘਟਿ ਤੁਹੀ ਧਿਆਈਐ ॥ ਤੇਰੀ ਗਤਿ ਮਿਤਿ ਤੂਹੈ ਜਾਣਹਿ ਕੁਦਰਤਿ ਕੀਮ ਨ ਪਾਈਐ ॥੩॥ ਨਿਰਗੁਣੁ ਮੁਗਧੁ ਅਜਾਣੁ ਅਗਿਆਨੀ ਕਰਮ ਧਰਮ ਨਹੀ ਜਾਣਾ ॥ ਦਇਆ ਕਰਹੁ ਨਾਨਕੁ ਗੁਣ ਗਾਵੈ ਮਿਠਾ ਲਗੈ ਤੇਰਾ ਭਾਣਾ ॥੪॥੬॥੫੩॥ {ਪੰਨਾ ੭੪੮}

ਪਦ ਅਰਥ :—ਕਛੁ—(ਜਗਤ ਦਾ) ਕੁਝ ਭੀ । ਸੀਓ—ਸੀ । ਕਰਿ—ਕਰ ਕੇ । ਆਇਆ—(ਹੁਣ) ਜਨਮਿਆ ਹੈ । ਖੇਲੁ—ਤਮਾਸ਼ਾ । ਠਾਕੁਰਿ—ਠਾਕੁਰ ਨੇ ।੧।

ਰਾਮ ਰਾਇ—ਹੇ ਪ੍ਰਭੂ-ਪਾਤਿਸ਼ਾਹ! ਮੁਝ ਤੇ—ਮੈਥੋਂ । ਆਪੇ—ਆਪ ਹੀ । ਸਰਬ ਨਿਰੰਤਰਿ—ਸਭਨਾਂ ਦੇ ਅੰਦਰ ਇਕ-ਰਸ । ਸੋਈ—ਉਹ ਪਰਮਾਤਮਾ ਹੀ ।੧।ਰਹਾਉ।

ਗਣਤੀ ਗਣੀ—ਲੇਖਾ ਗਿਣਿਆਂ । ਕਤ ਹੂ—ਕਿਸੇ ਭੀ ਤਰ੍ਹਾਂ । ਕਾਚੀ—ਨਾਸਵੰਤ । ਪ੍ਰਭ—ਹੇ ਪ੍ਰਭੂ! ਕਰਣੈਹਾਰੇ—ਹੇ ਸਭ ਕੁਝ ਕਰਨ ਦੇ ਸਮਰਥ! ਨਿਰਾਲੀ—ਅਨੋਖੀ, ਵੱਖਰੀ ਕਿਸਮ ਦੀ ।੨।

ਕੀਤੇ—ਪੈਦਾ ਕੀਤੇ ਹੋਏ । ਘਟਿ ਘਟਿ—ਹਰੇਕ ਸਰੀਰ ਵਿਚ । ਗਤਿ—ਆਤਮਕ ਅਵਸਥਾ । ਮਿਤਿ—ਮਾਪ, ਮਰਯਾਦਾ । ਤੇਰੀ ਗਤਿ ਮਿਤਿ—ਤੇਰੀ ਆਤਮਕ ਅਵਸਥਾ ਅਤੇ ਤੇਰੀ ਹਸਤੀ ਦਾ ਹੱਦ-ਬੰਨਾ । ਕੀਮ—ਕੀਮਤ ।੩।

ਨਿਰਗੁਣੁ—ਗੁਣ-ਹੀਨ । ਮੁਗਧੁ—ਮੂਰਖ । ਅਜਾਣੁ—ਬੇ-ਸਮਝ । ਅਗਿਆਨੀ—ਆਤਮਕ ਜੀਵਨ ਤੋਂ ਬੇ-ਸਮਝ । ਭਾਣਾ—ਰਜ਼ਾ ।੪।

ਅਰਥ :—ਹੇ ਮੇਰੇ ਪ੍ਰਭੂ-ਪਾਤਿਸ਼ਾਹ! (ਤੇਰੀ ਪ੍ਰੇਰਨਾ ਸਹਾਇਤਾ ਤੋਂ ਬਿਨਾ) ਮੈਥੋਂ ਕੋਈ ਕੰਮ ਨਹੀਂ ਹੋ ਸਕਦਾ । ਹੇ ਭਾਈ! ਉਹ ਪਰਮਾਤਮਾ ਹੀ ਸਾਰੇ ਜੀਵਾਂ ਵਿਚ ਇਕ-ਰਸ ਵਿਆਪਕ ਹੈ, ਉਹ ਆਪ ਹੀ (ਜੀਵਾਂ ਵਿਚ ਬੈਠ ਕੇ) ਸਭ ਕੁਝ ਕਰਦਾ ਹੈ, ਉਹ ਆਪ ਹੀ (ਜੀਵਾਂ ਪਾਸੋਂ ਸਭ ਕੁਝ) ਕਰਾਂਦਾ ਹੈ ।੧।ਰਹਾਉ।

ਹੇ ਭਾਈ! ਜਦੋਂ ਅਜੇ ਸੰਸਾਰ ਹੀ ਨਹੀਂ ਸੀ (ਇਹ ਜੀਵ ਭੀ ਨਹੀਂ ਸੀ, ਤਦੋਂ) ਇਹ ਜੀਵ ਕੀਹ ਕਰਦਾ ਸੀ? ਤੇ, ਕੇਹੜੇ ਕਰਮ ਕਰ ਕੇ ਇਹ ਹੋਂਦ ਵਿਚ ਆਇਆ ਹੈ? (ਅਸਲ ਗੱਲ ਇਹ ਕਿ) ਪਰਮਾਤਮਾ ਨੇ ਆਪ ਹੀ ਜਗਤ-ਰਚਨਾ ਰਚੀ ਹੈ, ਉਹ ਆਪ ਹੀ ਆਪਣਾ ਇਹ ਜਗਤ-ਤਮਾਸ਼ਾ ਰਚ ਕੇ ਆਪ ਹੀ ਇਸ ਤਮਾਸ਼ੇ ਨੂੰ ਵੇਖ ਰਿਹਾ ਹੈ ।੧।

ਹੇ ਪ੍ਰਭੂ! ਇਹ ਜੀਵ ਅੰਞਾਣ ਅਕਲ ਵਾਲਾ ਤੇ ਨਾਸਵੰਤ ਸਰੀਰ ਵਾਲਾ ਹੈ । ਜੇ ਇਸ ਦੇ ਕੀਤੇ ਕਰਮਾਂ ਦਾ ਲੇਖਾ ਗਿਣਿਆ ਗਿਆ, ਤਾਂ ਇਹ ਕਿਸੇ ਭੀ ਤਰ੍ਹਾਂ ਸੁਰਖ਼ਰੂ ਨਹੀਂ ਹੋ ਸਕਦਾ । ਹੇ ਸਭ ਕੁਝ ਕਰਨ ਦੇ ਸਮਰਥ ਪ੍ਰਭੂ! ਤੂੰ ਆਪ ਹੀ ਮੇਹਰ ਕਰ (ਤੇ ਬਖ਼ਸ਼) । ਤੇਰੀ ਬਖ਼ਸ਼ਸ਼ ਵੱਖਰੀ ਹੀ ਕਿਸਮ ਦੀ ਹੈ ।੨।

ਹੇ ਪ੍ਰਭੂ! (ਜਗਤ ਦੇ) ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਹਰੇਕ ਸਰੀਰ ਵਿਚ ਤੇਰਾ ਹੀ ਧਿਆਨ ਧਰਿਆ ਜਾ ਰਿਹਾ ਹੈ । ਤੂੰ ਕਿਹੋ ਜਿਹਾ ਹੈਂ, ਤੂੰ ਕੇਡਾ ਵੱਡਾ ਹੈਂ—ਇਹ ਭੇਤ ਤੂੰ ਆਪ ਹੀ ਜਾਣਦਾ ਹੈਂ । ਤੇਰੀ ਕੁਦਰਤਿ ਦਾ ਮੁੱਲ ਨਹੀਂ ਪੈ ਸਕਦਾ ।੩।

ਹੇ ਪ੍ਰਭੂ! ਮੈਂ ਗੁਣ-ਹੀਨ ਹਾਂ, ਮੈਂ ਮੂਰਖ ਹਾਂ, ਮੈਂ ਬੇ-ਸਮਝ ਹਾਂ, ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ, ਮੈਂ ਕੋਈ ਧਾਰਮਿਕ ਕੰਮ ਕਰਨੇ ਭੀ ਨਹੀਂ ਜਾਣਦਾ (ਜਿਨ੍ਹਾਂ ਨਾਲ ਤੈਨੂੰ ਖ਼ੁਸ਼ ਕਰ ਸਕਾਂ) । ਹੇ ਪ੍ਰਭੂ! ਮੇਹਰ ਕਰ, (ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ, ਅਤੇ (ਨਾਨਕ ਨੂੰ) ਤੇਰੀ ਰਜ਼ਾ ਮਿੱਠੀ ਲੱਗਦੀ ਰਹੇ ।੪।੬।੫੩।

ਸੂਹੀ ਮਹਲਾ ੫ ॥ ਭਾਗਠੜੇ ਹਰਿ ਸੰਤ ਤੁਮ੍ਹਾਰੇ ਜਿਨ੍ ਘਰਿ ਧਨੁ ਹਰਿ ਨਾਮਾ ॥ ਪਰਵਾਣੁ ਗਣੀ ਸੇਈ ਇਹ ਆਏ ਸਫਲ ਤਿਨਾ ਕੇ ਕਾਮਾ ॥੧॥ ਮੇਰੇ ਰਾਮ ਹਰਿ ਜਨ ਕੈ ਹਉ ਬਲਿ ਜਾਈ ॥ ਕੇਸਾ ਕਾ ਕਰਿ ਚਵਰੁ ਢੁਲਾਵਾ ਚਰਣ ਧੂੜਿ ਮੁਖਿ ਲਾਈ ॥ ੧॥ ਰਹਾਉ ॥ ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥ ਸਚਾ ਅਮਰੁ ਸਚੀ ਪਾਤਿਸਾਹੀ ਸਚੇ ਸੇਤੀ ਰਾਤੇ ॥ ਸਚਾ ਸੁਖੁ ਸਚੀ ਵਡਿਆਈ ਜਿਸ ਕੇ ਸੇ ਤਿਨਿ ਜਾਤੇ ॥੩॥ ਪਖਾ ਫੇਰੀ ਪਾਣੀ ਢੋਵਾ ਹਰਿ ਜਨ ਕੈ ਪੀਸਣੁ ਪੀਸਿ ਕਮਾਵਾ ॥ ਨਾਨਕ ਕੀ ਪ੍ਰਭ ਪਾਸਿ ਬੇਨੰਤੀ ਤੇਰੇ ਜਨ ਦੇਖਣੁ ਪਾਵਾ ॥੪॥੭॥੫੪॥ {ਪੰਨਾ ੭੪੯}

ਪਦ ਅਰਥ :—ਭਾਗਠੜੇ—ਭਾਗਾਂ ਵਾਲੇ । ਹਰਿ—ਹੇ ਹਰੀ! ਘਰਿ—ਹਿਰਦੇ-ਘਰ ਵਿਚ । ਗਣੀ—ਗਣੀਂ, ਮੈਂ ਗਿਣਦਾ ਹਾਂ ।੧।

ਕੈ—ਤੋਂ । ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ । ਕਰਿ—ਬਣਾ ਕੇ । ਢੁਲਾਵਾ—ਢੁਲਾਵਾਂ, ਮੈਂ ਝੁਲਾਵਾਂ । ਮੁਖਿ—ਮੂੰਹ ਉਤੇ । ਲਾਈ—ਲਾਈਂ, ਮੈਂ ਲਾਵਾਂ ।੧।ਰਹਾਉ।

ਮਹਿ—ਵਿਚ । ਪਰਉਪਕਾਰੀ—ਦੂਜਿਆਂ ਦਾ ਭਲਾ ਕਰਨ ਵਾਲੇ । ਜੀਅ ਦਾਨੁ—ਆਤਮਕ ਜੀਵਨ ਦੀ ਦਾਤਿ । ਦੇ—ਦੇ ਕੇ । ਲਾਇਨਿ—ਲਾਂਦੇ ਹਨ । ਲੈਨਿ ਮਿਲਾਏ—ਮਿਲਾਇ ਲੈਨਿ, ਮਿਲਾ ਲੈਂਦੇ ਹਨ ।੨।

ਸਚਾ—ਸਦਾ ਕਾਇਮ ਰਹਿਣ ਵਾਲਾ । ਅਮਰੁ—ਹੁਕਮ । ਸਚੇ ਸੇਤੀ—ਸਦਾ-ਥਿਰ ਪ੍ਰਭੂ ਨਾਲ । ਰਾਤੇ—ਰੰਗੇ ਰਹਿੰਦੇ ਹਨ । ਜਿਸ ਕੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} ਜਿਸ (ਪਰਮਾਤਮਾ) ਦੇ । ਸੇ—(ਬਣੇ ਹੋਏ) ਸਨ । ਤਿਨਿ—ਉਸ (ਪਰਮਾਤਮਾ) ਨੇ । ਜਾਤੇ—ਪਛਾਣੇ, ਡੂੰਘੀ ਸਾਂਝ ਪਾਈ ।੩।

ਫੇਰੀ—ਫੇਰੀਂ, ਮੈਂ ਫੇਰਾਂ । ਢੋਵਾ—ਢੋਵਾਂ, ਮੈਂ ਢੋਵਾਂ । ਜਨ ਕੈ—ਜਨਾਂ ਦੇ ਘਰ ਵਿਚ । ਪੀਸਣੁ—ਚੱਕੀ । ਪੀਸਿ—ਪੀਹ ਕੇ । ਕਮਾਵਾ—ਕਮਾਵਾਂ, ਮੈਂ ਸੇਵਾ ਕਰਾਂ । ਦੇਖਣੁ ਪਾਵਾ—ਦੇਖਣ ਪਾਵਾਂ, ਦੇਖ ਸਕਾਂ ।੪।

ਅਰਥ :—ਹੇ ਮੇਰੇ ਰਾਮ! (ਜੇ ਤੇਰੀ ਮੇਹਰ ਹੋਵੇ, ਤਾਂ) ਮੈਂ ਤੇਰੇ ਸੇਵਕਾਂ ਤੋਂ ਸਦਕੇ ਜਾਵਾਂ (ਆਪਣਾ ਸਭ ਕੁਝ ਵਾਰ ਦਿਆਂ), ਮੈਂ ਆਪਣੇ ਕੇਸਾਂ ਦਾ ਚੌਰ ਬਣਾ ਕੇ ਉਹਨਾਂ ਉਤੇ ਝੁਲਾਵਾਂ, ਮੈਂ ਉਹਨਾਂ ਦੇ ਚਰਨਾਂ ਦੀ ਧੂੜ ਲੈ ਕੇ ਆਪਣੇ ਮੱਥੇ ਉਤੇ ਲਾਵਾਂ ।੧।ਰਹਾਉ।

ਹੇ ਹਰੀ! ਤੇਰੇ ਸੰਤ ਜਨ ਬੜੇ ਭਾਗਾਂ ਵਾਲੇ ਹਨ ਕਿਉਂਕਿ ਉਹਨਾਂ ਦੇ ਹਿਰਦੇ-ਘਰ ਵਿਚ ਤੇਰਾ ਨਾਮ-ਧਨ ਵੱਸਦਾ ਹੈ । ਮੈਂ ਸਮਝਦਾ ਹਾਂ ਕਿ ਉਹਨਾਂ ਦਾ ਹੀ ਜਗਤ ਵਿਚ ਆਉਣਾ ਤੇਰੀਆਂ ਨਜ਼ਰਾਂ ਵਿਚ ਕਬੂਲ ਹੈ, ਉਹਨਾਂ ਸੰਤ ਜਨਾਂ ਦਾ ਸਾਰੇ (ਸੰਸਾਰਕ) ਕੰਮ (ਭੀ) ਸਿਰੇ ਚੜ੍ਹ ਜਾਂਦੇ ਹਨ ।੧।

ਹੇ ਭਾਈ! ਸੰਤ ਜਨ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੇ, ਉਹ ਤਾਂ ਜਗਤ ਵਿਚ ਦੂਜਿਆਂ ਦੀ ਭਲਾਈ ਕਰਨ ਵਾਸਤੇ ਆਉਂਦੇ ਹਨ । ਸੰਤ ਜਨ (ਹੋਰਨਾਂ ਨੂੰ) ਆਤਮਕ ਜੀਵਨ ਦੀ ਦਾਤਿ ਦੇ ਕੇ ਪਰਮਾਤਮਾ ਦੀ ਭਗਤੀ ਵਿਚ ਜੋੜਦੇ ਹਨ, ਅਤੇ ਉਹਨਾਂ ਨੂੰ ਪਰਮਾਤਮਾ ਨਾਲ ਮਿਲਾ ਦੇਂਦੇ ਹਨ ।੨।

ਹੇ ਭਾਈ! ਸੰਤ ਜਨ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਹੁਕਮ ਸਦਾ ਕਾਇਮ ਰਹਿੰਦਾ ਹੈ, ਉਹਨਾਂ ਦੀ ਪਾਤਿਸ਼ਾਹੀ ਭੀ ਅਟੱਲ ਰਹਿੰਦੀ ਹੈ । ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲਾ ਆਨੰਦ ਪ੍ਰਾਪਤ ਰਹਿੰਦਾ ਹੈ, ਉਹਨਾਂ ਦੀ ਸੋਭਾ ਸਦਾ ਲਈ ਟਿਕੀ ਰਹਿੰਦੀ ਹੈ । ਜਿਸ ਪਰਮਾਤਮਾ ਦੇ ਉਹ ਸੇਵਕ ਬਣੇ ਰਹਿੰਦੇ ਹਨ, ਉਹ ਪਰਮਾਤਮਾ ਹੀ ਉਹਨਾਂ ਦੀ ਕਦਰ ਜਾਣਦਾ ਹੈ ।੩।

ਹੇ ਭਾਈ! ਨਾਨਕ ਦੀ ਪਰਮਾਤਮਾ ਅੱਗੇ ਸਦਾ ਇਹੀ ਬੇਨਤੀ ਹੈ ਕਿ—ਹੇ ਪ੍ਰਭੂ! ਮੈਂ ਤੇਰੇ ਸੰਤ ਜਨਾਂ ਦਾ ਦਰਸਨ ਕਰਦਾ ਰਹਾਂ, ਮੈਂ ਉਹਨਾਂ ਨੂੰ ਪੱਖਾ ਝੱਲਦਾ ਰਹਾਂ, ਉਹਨਾਂ ਵਾਸਤੇ ਪਾਣੀ ਢੋਂਦਾ ਰਹਾਂ ਤੇ ਉਹਨਾਂ ਦੇ ਦਰ ਤੇ ਚੱਕੀ ਪੀਹ ਕੇ ਸੇਵਾ ਕਰਦਾ ਰਹਾਂ ।੪।੭।੫੪।

ਸੂਹੀ ਮਹਲਾ ੫ ॥ ਪਾਰਬ੍ਰਹਮ ਪਰਮੇਸਰ ਸਤਿਗੁਰ ਆਪੇ ਕਰਣੈਹਾਰਾ ॥ ਚਰਣ ਧੂੜਿ ਤੇਰੀ ਸੇਵਕੁ ਮਾਗੈ ਤੇਰੇ ਦਰਸਨ ਕਉ ਬਲਿਹਾਰਾ ॥੧॥ ਮੇਰੇ ਰਾਮਰਾਇ ਜਿਉ ਰਾਖਹਿ ਤਿਉ ਰਹੀਐ ॥ ਤੁਧੁ ਭਾਵੈ ਤਾ ਨਾਮੁ ਜਪਾਵਹਿ ਸੁਖੁ ਤੇਰਾ ਦਿਤਾ ਲਹੀਐ ॥੧॥ ਰਹਾਉ ॥ ਮੁਕਤਿ ਭੁਗਤਿ ਜੁਗਤਿ ਤੇਰੀ ਸੇਵਾ ਜਿਸੁ ਤੂੰ ਆਪਿ ਕਰਾਇਹਿ ॥ ਤਹਾ ਬੈਕੁੰਠੁ ਜਹ ਕੀਰਤਨੁ ਤੇਰਾ ਤੂੰ ਆਪੇ ਸਰਧਾ ਲਾਇਹਿ ॥੨॥ ਸਿਮਰਿ ਸਿਮਰਿ ਸਿਮਰਿ ਨਾਮੁ ਜੀਵਾ ਤਨੁ ਮਨੁ ਹੋਇ ਨਿਹਾਲਾ ॥ ਚਰਣ ਕਮਲ ਤੇਰੇ ਧੋਇ ਧੋਇ ਪੀਵਾ ਮੇਰੇ ਸਤਿਗੁਰ ਦੀਨ ਦਇਆਲਾ ॥੩॥ ਕੁਰਬਾਣੁ ਜਾਈ ਉਸੁ ਵੇਲਾ ਸੁਹਾਵੀ ਜਿਤੁ ਤੁਮਰੈ ਦੁਆਰੈ ਆਇਆ ॥ ਨਾਨਕ ਕਉ ਪ੍ਰਭ ਭਏ ਕ੍ਰਿਪਾਲਾ ਸਤਿਗੁਰੁ ਪੂਰਾ ਪਾਇਆ ॥੪॥੮॥੫੫॥ {ਪੰਨਾ ੭੪੯}

ਪਦ ਅਰਥ :—ਪਾਰਬ੍ਰਹਮ—ਹੇ ਪਾਰਬ੍ਰਹਮ! ਸਤਿਗੁਰ—ਹੇ ਸਤਿਗੁਰ! ਆਪੇ—(ਤੂੰ) ਆਪ ਹੀ । ਕਰਣੈਹਾਰਾ—ਕਰਨ-ਜੋਗ, ਕਰ ਸਕਣ ਵਾਲਾ । ਮਾਗੈ—ਮੰਗਦਾ ਹੈ । ਕਉ—ਤੋਂ । ਬਲਿਹਾਰਾ—ਸਦਕੇ ।੧।

ਰਾਮਰਾਇ—ਹੇ ਪ੍ਰਭੂ-ਪਾਤਿਸ਼ਾਹ! ਰਾਖਹਿ—ਤੂੰ ਰੱਖਦਾ ਹੈਂ । ਰਹੀਐ—ਰਹਿ ਸਕੀਦਾ ਹੈ । ਤੁਧੁ ਭਾਵੈ—ਜੇ ਤੈਨੂੰ ਚੰਗਾ ਲੱਗੇ । ਲਹੀਐ—ਲੈ ਸਕੀਦਾ ਹੈ ।੧।ਰਹਾਉ।

ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਭੁਗਤਿ—ਦੁਨੀਆ ਦੇ ਸੁਖਾਂ ਦੇ ਭੋਗ । ਜੁਗਤਿ—ਚੰਗੀ ਜੀਵਨ-ਮਰਯਾਦਾ । ਤਹਾ—ਉਥੇ ਹੀ । ਜਹ—ਜਿਥੇ ।੨।

ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ । ਨਿਹਾਲਾ—ਪ੍ਰਸੰਨ, ਖਿੜਿਆ ਹੋਇਆ । ਚਰਣ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਚਰਨ । ਧੋਇ—ਧੋ ਕੇ । ਪੀਵਾ—ਪੀਵਾਂ ।੩।

ਜਾਈ—ਜਾਈਂ, ਮੈਂ ਜਾਂਦਾ ਹਾਂ । ਉਸੁ ਵੇਲਾ ਸੁਹਾਵੀ—ਉਸ ਸੋਹਣੀ ਘੜੀ ਤੋਂ । ਜਿਤੁ—ਜਿਸ ਵਿਚ, ਜਿਸ ਵੇਲੇ । ਦੁਆਰੈ—ਦਰ ਤੇ । ਕਉ—ਨੂੰ, ਉਤੇ ।੪।

ਅਰਥ :—ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਜਿਵੇਂ (ਅਸਾਂ ਜੀਵਾਂ ਨੂੰ) ਰੱਖਦਾ ਹੈਂ, ਤਿਵੇਂ ਹੀ ਰਿਹਾ ਜਾ ਸਕਦਾ ਹੈ । ਜੇ ਤੈਨੂੰ ਚੰਗਾ ਲੱਗੇ ਤਾਂ ਤੂੰ (ਅਸਾਂ ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈਂ, ਤੇਰਾ ਹੀ ਬਖ਼ਸ਼ਿਆ ਹੋਇਆ ਸੁਖ ਅਸੀ ਲੈ ਸਕਦੇ ਹਾਂ ।੧।ਰਹਾਉ।

ਹੇ ਪਰਮਾਤਮਾ! ਹੇ ਪਰਮੇਸਰ! ਹੇ ਸਤਿਗੁਰ! ਤੂੰ ਆਪ ਹੀ ਸਭ ਕੁਝ ਕਰਨ ਦੇ ਸਮਰਥ ਹੈਂ । (ਤੇਰਾ) ਦਾਸ (ਤੇਰੇ ਪਾਸੋਂ) ਤੇਰੇ ਚਰਨਾਂ ਦੀ ਧੂੜ ਮੰਗਦਾ ਹੈ, ਤੇਰੇ ਦਰਸਨ ਤੋਂ ਸਦਕੇ ਜਾਂਦਾ ਹੈ ।੧।

ਹੇ ਪ੍ਰਭੂ! ਤੇਰੀ ਸੇਵਾ-ਭਗਤੀ ਵਿਚ ਹੀ (ਵਿਕਾਰਾਂ ਤੋਂ) ਖ਼ਲਾਸੀ ਹੈ, ਸੰਸਾਰ ਦੇ ਸੁਖ ਹਨ, ਸੁਚੱਜੀ ਜੀਵਨ-ਜਾਚ ਹੈ (ਪਰ ਤੇਰੀ ਭਗਤੀ ਉਹੀ ਕਰਦਾ ਹੈ) ਜਿਸ ਪਾਸੋਂ ਤੂੰ ਆਪ ਕਰਾਂਦਾ ਹੈਂ । ਹੇ ਪ੍ਰਭੂ! ਜਿਸ ਥਾਂ ਤੇਰੀ ਸਿਫ਼ਤਿ-ਸਾਲਾਹ ਹੋ ਰਹੀ ਹੋਵੇ, (ਮੇਰੇ ਵਾਸਤੇ) ਉਹੀ ਥਾਂ ਬੈਕੁੰਠ ਹੈ, ਤੂੰ ਆਪ ਹੀ (ਸਿਫ਼ਤਿ-ਸਾਲਾਹ ਕਰਨ ਦੀ) ਸਰਧਾ (ਸਾਡੇ ਅੰਦਰ) ਪੈਦਾ ਕਰਦਾ ਹੈਂ ।੨।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਸਤਿਗੁਰ! (ਮੇਹਰ ਕਰ) ਮੈਂ ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦਾ ਰਹਾਂ, ਮੇਰਾ ਮਨ ਮੇਰਾ ਤਨ (ਤੇਰੇ ਨਾਮ ਦੀ ਬਰਕਤਿ ਨਾਲ) ਖਿੜਿਆ ਰਹੇ । (ਮੇਹਰ ਕਰ) ਮੈਂ ਸਦਾ ਤੇਰੇ ਸੋਹਣੇ ਚਰਨ ਧੋ ਧੋ ਕੇ ਪੀਂਦਾ ਰਹਾਂ ।੩।

(ਹੇ ਸਤਿਗੁਰੂ!) ਮੈਂ ਉਸ ਸੋਹਣੀ ਘੜੀ ਤੋਂ ਸਦਕੇ ਜਾਂਦਾ ਹਾਂ, ਜਦੋਂ ਮੈਂ ਤੇਰੇ ਦਰ ਤੇ ਆ ਡਿੱਗਾ । ਹੇ ਭਾਈ! ਜਦੋਂ (ਦਾਸ) ਨਾਨਕ ਉਤੇ ਪ੍ਰਭੂ ਜੀ ਦਇਆਵਾਨ ਹੋਏ, ਤਦੋਂ (ਨਾਨਕ ਨੂੰ) ਪੂਰਾ ਗੁਰੂ ਮਿਲ ਪਿਆ ।੪।੮।੫੫।

ਸੂਹੀ ਮਹਲਾ ੫ ॥ ਤੁਧੁ ਚਿਤਿ ਆਏ ਮਹਾ ਅਨੰਦਾ ਜਿਸੁ ਵਿਸਰਹਿ ਸੋ ਮਰਿ ਜਾਏ ॥ ਦਇਆਲੁ ਹੋਵਹਿ ਜਿਸੁ ਊਪਰਿ ਕਰਤੇ ਸੋ ਤੁਧੁ ਸਦਾ ਧਿਆਏ ॥੧॥ ਮੇਰੇ ਸਾਹਿਬ ਤੂੰ ਮੈ ਮਾਣੁ ਨਿਮਾਣੀ ॥ ਅਰਦਾਸਿ ਕਰੀ ਪ੍ਰਭ ਅਪਨੇ ਆਗੈ ਸੁਣਿ ਸੁਣਿ ਜੀਵਾ ਤੇਰੀ ਬਾਣੀ ॥੧॥ ਰਹਾਉ ॥ ਚਰਣ ਧੂੜਿ ਤੇਰੇ ਜਨ ਕੀ ਹੋਵਾ ਤੇਰੇ ਦਰਸਨ ਕਉ ਬਲਿ ਜਾਈ ॥ ਅੰਮ੍ਰਿਤ ਬਚਨ ਰਿਦੈ ਉਰਿ ਧਾਰੀ ਤਉ ਕਿਰਪਾ ਤੇ ਸੰਗੁ ਪਾਈ ॥੨॥ ਅੰਤਰ ਕੀ ਗਤਿ ਤੁਧੁ ਪਹਿ ਸਾਰੀ ਤੁਧੁ ਜੇਵਡੁ ਅਵਰੁ ਨ ਕੋਈ ॥ ਜਿਸ ਨੋ ਲਾਇ ਲੈਹਿ ਸੋ ਲਾਗੈ ਭਗਤੁ ਤੁਹਾਰਾ ਸੋਈ ॥੩॥ ਦੁਇ ਕਰ ਜੋੜਿ ਮਾਗਉ ਇਕੁ ਦਾਨਾ ਸਾਹਿਬਿ ਤੁਠੈ ਪਾਵਾ ॥ ਸਾਸਿ ਸਾਸਿ ਨਾਨਕੁ ਆਰਾਧੇ ਆਠ ਪਹਰ ਗੁਣ ਗਾਵਾ ॥੪॥੯॥੫੬॥ {ਪੰਨਾ ੭੪੯}

ਪਦ ਅਰਥ :—ਚਿਤਿ—ਚਿੱਤ ਵਿਚ । ਵਿਸਰਹਿ—ਤੂੰ ਵਿਸਰ ਜਾਂਦਾ ਹੈਂ । ਮਰਿ ਜਾਏ—ਆਤਮਕ ਮੌਤ ਸਹੇੜ ਲੈਂਦਾ ਹੈ । ਕਰਤੇ—ਹੇ ਕਰਤਾਰ! ।੧।

ਸਾਹਿਬ—ਹੇ ਸਾਹਿਬ! ਮੈ—ਮੇਰਾ । ਕਰੀ—ਕਰੀਂ, ਮੈਂ ਕਰਦਾ ਹਾਂ । ਸੁਣਿ—ਸੁਣ ਕੇ । ਜੀਵਾ—ਜੀਵਾਂ, ਆਤਮਕ ਜੀਵਨ ਪ੍ਰਾਪਤ ਕਰਦਾ ਹਾਂ ।੧।ਰਹਾਉ।

ਹੋਵਾ—ਹੋਵਾਂ । ਕਉ—ਤੋਂ । ਬਲਿ—ਸਦਕੇ । ਜਾਈ—ਜਾਈਂ, ਮੈਂ ਜਾਂਦਾ ਹਾਂ । ਅੰਮ੍ਰਿਤ—ਆਤਮਕ ਜੀਵਨ ਵਾਲੇ । ਉਰਿ—ਹਿਰਦੇ ਵਿਚ । ਤਉ—ਤੇਰੀ {ਤਵ} । ਤੇ—ਤੋਂ, ਨਾਲ । ਸੰਗੁ—ਸਾਥ । ਪਾਈ—ਪਾਈਂ, ਮੈਂ ਪਾਵਾਂ ।੨।

ਗਤਿ—ਹਾਲਤ, ਅਵਸਥਾ । ਸਾਰੀ—ਖੋਲ੍ਹੀ ਹੈ । ਜਿਸ ਨੋ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਸੋਈ—ਉਹ ਹੀ ।੩।

ਕਰ—ਹੱਥ {ਬਹੁ-ਵਚਨ} । ਜੋੜਿ—ਜੋੜ ਕੇ । ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਸਾਹਿਬ ਤੁਠੈ—ਜੇ ਸਾਹਿਬ ਤ੍ਰੁੱਠ ਪਏ । ਪਾਵਾ—ਪਾਵਾਂ, ਮੈਂ ਪ੍ਰਾਪਤ ਕਰਾਂ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਗਾਵਾ—ਗਾਵਾਂ ।੪।

ਅਰਥ :—ਹੇ ਮੇਰੇ ਮਾਲਕ-ਪ੍ਰਭੂ! ਮੇਰਾ ਨਿਮਾਣੀ ਦਾ ਤੂੰ ਹੀ ਮਾਣ ਹੈਂ । ਹੇ ਪ੍ਰਭੂ! ਮੈਂ ਤੇਰੇ ਅੱਗੇ ਅਰਜ਼ੋਈ ਕਰਦਾ ਹਾਂ, (ਮੇਹਰ ਕਰ) ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਰਹਾਂ ।੧।ਰਹਾਉ।

ਹੇ ਪ੍ਰਭੂ! ਜੇ ਤੂੰ ਚਿੱਤ ਵਿਚ ਆ ਵੱਸੇਂ, ਤਾਂ ਬੜਾ ਸੁਖ ਮਿਲਦਾ ਹੈ । ਜਿਸ ਮਨੁੱਖ ਨੂੰ ਤੂੰ ਵਿਸਰ ਜਾਂਦਾ ਹੈਂ, ਉਹ ਮਨੁੱਖ ਆਤਮਕ ਮੌਤ ਸਹੇੜ ਲੈਂਦਾ ਹੈ । ਹੇ ਕਰਤਾਰ! ਜਿਸ ਮਨੁੱਖ ਉਤੇ ਤੂੰ ਦਇਆਵਾਨ ਹੁੰਦਾ ਹੈਂ, ਉਹ ਸਦਾ ਤੈਨੂੰ ਯਾਦ ਕਰਦਾ ਰਹਿੰਦਾ ਹੈ ।੧।

ਹੇ ਪ੍ਰਭੂ! ਮੈਂ ਤੇਰੇ ਦਰਸਨ ਤੋਂ ਸਦਕੇ ਜਾਂਦਾ ਹਾਂ, (ਮੇਹਰ ਕਰ) ਮੈਂ ਤੇਰੇ ਸੇਵਕ ਦੇ ਚਰਨਾਂ ਦੀ ਧੂੜ ਬਣਿਆ ਰਹਾਂ । (ਤੇਰੇ ਸੇਵਕ ਦੇ) ਆਤਮਕ ਜੀਵਨ ਦੇਣ ਵਾਲੇ ਬਚਨ ਮੈਂ ਆਪਣੇ ਦਿਲ ਵਿਚ ਹਿਰਦੇ ਵਿਚ ਵਸਾਈ ਰੱਖਾਂ, ਤੇਰੀ ਕਿਰਪਾ ਨਾਲ ਮੈਂ (ਤੇਰੇ ਸੇਵਕ ਦੀ) ਸੰਗਤਿ ਪ੍ਰਾਪਤ ਕਰਾਂ ।੨।

ਹੇ ਭਾਈ! ਆਪਣੇ ਦਿਲ ਦੀ ਹਾਲਤ ਤੇਰੇ ਅੱਗੇ ਖੋਲ੍ਹ ਕੇ ਰੱਖ ਦਿੱਤੀ ਹੈ । ਮੈਨੂੰ ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ । ਜਿਸ ਮਨੁੱਖ ਨੂੰ ਤੂੰ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਉਹ (ਤੇਰੇ ਚਰਨਾਂ ਵਿਚ) ਜੁੜਿਆ ਰਹਿੰਦਾ ਹੈ । ਉਹੀ ਤੇਰਾ (ਅਸਲ) ਭਗਤ ਹੈ ।੩।

ਹੇ ਪ੍ਰਭੂ! ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਤੇਰੇ ਪਾਸੋਂ) ਇਕ ਦਾਨ ਮੰਗਦਾ ਹਾਂ । ਹੇ ਸਾਹਿਬ! ਤੇਰੇ ਤ੍ਰੁੱਠਣ ਨਾਲ ਹੀ ਮੈਂ (ਇਹ ਦਾਨ) ਲੈ ਸਕਦਾ ਹਾਂ । (ਮੇਹਰ ਕਰ) ਨਾਨਕ ਹਰੇਕ ਸਾਹ ਦੇ ਨਾਲ ਤੇਰਾ ਅਰਾਧਨ ਕਰਦਾ ਰਹੇ, ਮੈਂ ਅੱਠੇ ਪਹਰ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਾਂ ।੪।੯।੫੬।

ਸੂਹੀ ਮਹਲਾ ੫ ॥ ਜਿਸ ਕੇ ਸਿਰ ਊਪਰਿ ਤੂੰ ਸੁਆਮੀ ਸੋ ਦੁਖੁ ਕੈਸਾ ਪਾਵੈ ॥ ਬੋਲਿ ਨ ਜਾਣੈ ਮਾਇਆ ਮਦਿ ਮਾਤਾ ਮਰਣਾ ਚੀਤਿ ਨ ਆਵੈ ॥੧॥ ਮੇਰੇ ਰਾਮਰਾਇ ਤੂੰ ਸੰਤਾ ਕਾ ਸੰਤ ਤੇਰੇ ॥ ਤੇਰੇ ਸੇਵਕ ਕਉ ਭਉ ਕਿਛੁ ਨਾਹੀ ਜਮੁ ਨਹੀ ਆਵੈ ਨੇਰੇ ॥੧॥ ਰਹਾਉ ॥ ਜੋ ਤੇਰੈ ਰੰਗਿ ਰਾਤੇ ਸੁਆਮੀ ਤਿਨ੍ ਕਾ ਜਨਮ ਮਰਣ ਦੁਖੁ ਨਾਸਾ ॥ ਤੇਰੀ ਬਖਸ ਨ ਮੇਟੈ ਕੋਈ ਸਤਿਗੁਰ ਕਾ ਦਿਲਾਸਾ ॥੨॥ ਨਾਮੁ ਧਿਆਇਨਿ ਸੁਖ ਫਲ ਪਾਇਨਿ ਆਠ ਪਹਰ ਆਰਾਧਹਿ ॥ ਤੇਰੀ ਸਰਣਿ ਤੇਰੈ ਭਰਵਾਸੈ ਪੰਚ ਦੁਸਟ ਲੈ ਸਾਧਹਿ ॥੩॥ ਗਿਆਨੁ ਧਿਆਨੁ ਕਿਛੁ ਕਰਮੁ ਨ ਜਾਣਾ ਸਾਰ ਨ ਜਾਣਾ ਤੇਰੀ ॥ ਸਭ ਤੇ ਵਡਾ ਸਤਿਗੁਰੁ ਨਾਨਕੁ ਜਿਨਿ ਕਲ ਰਾਖੀ ਮੇਰੀ ॥੪॥੧੦॥੫੭॥ {ਪੰਨਾ ੭੪੯-੭੫੦}

ਪਦ ਅਰਥ :—ਜਿਸ ਕੇ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} । ਸੁਆਮੀ—ਹੇ ਸੁਆਮੀ! ਬੋਲਿ ਨ ਜਾਣੈ—ਬੋਲਣ ਨਹੀਂ ਜਾਣਦਾ । ਮਦਿ—ਅਹੰਕਾਰ ਵਿਚ । ਮਾਤਾ—ਮਸਤ । ਮਰਣਾ—ਮੌਤ, ਮੌਤ ਦਾ ਸਹਿਮ । ਚੀਤਿ—ਚਿੱਤ ਵਿਚ ।੧।

ਰਾਮਰਾਇ—ਹੇ ਪ੍ਰਭੂ-ਪਾਤਿਸ਼ਾਹ! ਕਉ—ਨੂੰ । ਨੇਰੇ—ਨੇੜੇ ।੧।ਰਹਾਉ।

ਤੇਰੈ ਰੰਗਿ—ਤੇਰੇ ਪ੍ਰੇਮ ਵਿਚ । ਰਾਤੇ—ਰੰਗੇ ਹੋਏ । ਨਾਸਾ—ਦੂਰ ਹੋ ਜਾਂਦਾ ਹੈ । ਬਖਸ—ਬਖ਼ਸ਼ਸ਼ । ਦਿਲਾਸਾ—ਭਰੋਸਾ, ਤਸੱਲੀ ।੨।

ਧਿਆਇਨਿ—ਧਿਆਉਂਦੇ ਹਨ । ਪਾਇਨਿ—ਪਾਂਦੇ ਹਨ । ਆਰਾਧਹਿ—ਆਰਾਧਦੇ ਹਨ । ਭਰਵਾਸੇ—ਆਸਰੇ ਨਾਲ । ਪੰਚ ਦੁਸਟ—ਕਾਮਾਦਿਕ ਪੰਚ ਵੈਰੀ । ਲੈ—ਫੜ ਕੇ । ਸਾਧਹਿ—ਵੱਸ ਵਿਚ ਕਰ ਲੈਂਦੇ ਹਨ ।੩।

ਗਿਆਨੁ—ਆਤਮਕ ਜੀਵਨ ਦੀ ਸੂਝ । ਧਿਆਨੁ—ਸੁਰਤਿ ਜੋੜਨ ਦੀ ਜਾਚ । ਨ ਜਾਣਾ—ਨ ਜਾਣਾਂ, ਨਹੀਂ ਸਾਂ ਜਾਣਦਾ । ਸਾਰ—ਕਦਰ । ਜਿਨਿ—ਜਿਸ (ਗੁਰੂ) ਨੇ । ਕਰ—ਇੱਜਤ, ਲਾਜ ।੪।

ਅਰਥ :—ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ (ਆਪਣੇ) ਸੰਤਾਂ ਦਾ (ਰਾਖਾ) ਹੈਂ, (ਤੇਰੇ) ਸੰਤ ਤੇਰੇ (ਆਸਰੇ ਰਹਿੰਦੇ ਹਨ) । ਹੇ ਪ੍ਰਭੂ! ਤੇਰੇ ਸੇਵਕ ਨੂੰ ਕੋਈ ਡਰ ਪੋਹ ਨਹੀਂ ਸਕਦਾ, ਮੌਤ ਦਾ ਡਰ ਉਸ ਦੇ ਨੇੜੇ ਨਹੀਂ ਢੁਕਦਾ ।੧।ਰਹਾਉ।

ਹੇ ਮੇਰੇ ਮਾਲਕ ਪ੍ਰਭੂ! ਜਿਸ ਮਨੁੱਖ ਦੇ ਸਿਰ ਉੱਤੇ ਤੂੰ (ਹੱਥ ਰੱਖੇਂ) ਉਸ ਨੂੰ ਕੋਈ ਦੁੱਖ ਨਹੀਂ ਵਿਆਪਦਾ । ਉਹ ਮਨੁੱਖ ਮਾਇਆ ਦੇ ਨਸ਼ੇ ਵਿਚ ਮਸਤ ਹੋ ਕੇ ਤਾਂ ਬੋਲਣਾ ਹੀ ਨਹੀਂ ਜਾਣਦਾ, ਮੌਤ ਦਾ ਸਹਿਮ ਭੀ ਉਸ ਦੇ ਚਿੱਤ ਵਿਚ ਨਹੀਂ ਪੈਦਾ ਹੁੰਦਾ ।੧।

ਹੇ ਮੇਰੇ ਮਾਲਕ! ਜੇਹੜੇ ਮਨੁੱਖ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਜੰਮਣ ਮਰਨ (ਦੇ ਗੇੜ) ਦਾ ਦੁੱਖ ਦੂਰ ਹੋ ਜਾਂਦਾ ਹੈ, ਉਹਨਾਂ ਨੂੰ ਗੁਰੂ ਦਾ (ਦਿੱਤਾ ਹੋਇਆ ਇਹ) ਭਰੋਸਾ (ਚੇਤੇ ਰਹਿੰਦਾ ਹੈ ਕਿ ਉਹਨਾਂ ਉਤੇ ਹੋਈ) ਤੇਰੀ ਬਖ਼ਸ਼ਸ਼ ਨੂੰ ਕੋਈ ਮਿਟਾ ਨਹੀਂ ਸਕਦਾ ।੨।

ਹੇ ਪ੍ਰਭੂ! (ਤੇਰੇ ਸੰਤ ਤੇਰਾ) ਨਾਮ ਸਿਮਰਦੇ ਰਹਿੰਦੇ ਹਨ, ਆਤਮਕ ਆਨੰਦ ਮਾਣਦੇ ਰਹਿੰਦੇ ਹਨ, ਅੱਠੇ ਪਹਰ ਤੇਰਾ ਆਰਾਧਨ ਕਰਦੇ ਹਨ । ਤੇਰੀ ਸਰਨ ਵਿਚ ਆ ਕੇ, ਤੇਰੇ ਆਸਰੇ ਰਹਿ ਕੇ ਉਹ (ਕਾਮਾਦਿਕ) ਪੰਜੇ ਵੈਰੀਆਂ ਨੂੰ ਫੜ ਕੇ ਵੱਸ ਵਿਚ ਕਰ ਲੈਂਦੇ ਹਨ ।੩।

ਹੇ ਮੇਰੇ ਮਾਲਕ-ਪ੍ਰਭੂ! ਮੈਂ (ਭੀ) ਤੇਰੇ (ਬਖ਼ਸ਼ਸ਼ ਦੀ) ਕਦਰ ਨਹੀਂ ਸਾਂ ਜਾਣਦਾ, ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ ਸੀ, ਤੇਰੇ ਚਰਨਾਂ ਵਿਚ ਸੁਰਤਿ ਟਿਕਾਣੀ ਭੀ ਨਹੀਂ ਜਾਣਦਾ ਸਾਂ, ਕਿਸੇ ਹੋਰ ਧਾਰਮਿਕ ਕੰਮ ਦੀ ਭੀ ਮੈਨੂੰ ਸੂਝ ਨਹੀਂ ਸੀ । ਪਰ (ਤੇਰੀ ਮੇਹਰ ਨਾਲ) ਮੈਨੂੰ ਸਭ ਤੋਂ ਵੱਡਾ ਗੁਰੂ ਨਾਨਕ ਮਿਲ ਪਿਆ, ਜਿਸ ਨੇ ਮੇਰੀ ਲਾਜ ਰੱਖ ਲਈ (ਤੇ ਮੈਨੂੰ ਤੇਰੇ ਚਰਨਾਂ ਵਿਚ ਜੋੜ ਦਿੱਤਾ) ।੪।੧੦।੫੭।

ਸੂਹੀ ਮਹਲਾ ੫ ॥ ਸਗਲ ਤਿਆਗਿ ਗੁਰ ਸਰਣੀ ਆਇਆ ਰਾਖਹੁ ਰਾਖਨਹਾਰੇ ॥ ਜਿਤੁ ਤੂ ਲਾਵਹਿ ਤਿਤੁ ਹਮ ਲਾਗਹ ਕਿਆ ਏਹਿ ਜੰਤ ਵਿਚਾਰੇ ॥੧॥ ਮੇਰੇ ਰਾਮ ਜੀ ਤੂੰ ਪ੍ਰਭ ਅੰਤਰਜਾਮੀ ॥ ਕਰਿ ਕਿਰਪਾ ਗੁਰਦੇਵ ਦਇਆਲਾ ਗੁਣ ਗਾਵਾ ਨਿਤ ਸੁਆਮੀ ॥੧॥ ਰਹਾਉ ॥ ਆਠ ਪਹਰ ਪ੍ਰਭੁ ਅਪਨਾ ਧਿਆਈਐ ਗੁਰ ਪ੍ਰਸਾਦਿ ਭਉ ਤਰੀਐ ॥ ਆਪੁ ਤਿਆਗਿ ਹੋਈਐ ਸਭ ਰੇਣਾ ਜੀਵਤਿਆ ਇਉ ਮਰੀਐ ॥੨॥ ਸਫਲ ਜਨਮੁ ਤਿਸ ਕਾ ਜਗ ਭੀਤਰਿ ਸਾਧ ਸੰਗਿ ਨਾਉ ਜਾਪੇ ॥ ਸਗਲ ਮਨੋਰਥ ਤਿਸ ਕੇ ਪੂਰਨ ਜਿਸੁ ਦਇਆ ਕਰੇ ਪ੍ਰਭੁ ਆਪੇ ॥੩॥ ਦੀਨ ਦਇਆਲ ਕ੍ਰਿਪਾਲ ਪ੍ਰਭ ਸੁਆਮੀ ਤੇਰੀ ਸਰਣਿ ਦਇਆਲਾ ॥ ਕਰਿ ਕਿਰਪਾ ਅਪਨਾ ਨਾਮੁ ਦੀਜੈ ਨਾਨਕ ਸਾਧ ਰਵਾਲਾ ॥੪॥੧੧॥੫੮॥ {ਪੰਨਾ ੭੫੦}

ਪਦ ਅਰਥ :—ਸਗਲ—ਸਾਰੇ (ਆਸਰੇ) । ਤਿਆਗਿ—ਛੱਡ ਕੇ । ਰਾਖਨਹਾਰੇ—ਹੇ ਰੱਖਿਆ ਦੀ ਸਮਰਥਾ ਵਾਲੇ! ਜਿਤੁ—ਜਿਸ (ਕੰਮ) ਵਿਚ । ਤਿਤੁ—ਉਸ (ਕੰਮ) ਵਿਚ । ਹਮ ਲਾਗਹ—ਅਸੀ—(ਜੀਵ) ਲੱਗ ਪੈਂਦੇ ਹਾਂ । ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ} ।੧।

ਪ੍ਰਭ—ਹੇ ਪ੍ਰਭੂ! ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਗੁਰਦੇਵ—ਹੇ ਗੁਰਦੇਵ! ਗਾਵਾ—ਗਾਵਾਂ, ਮੈਂ ਗਾਵਾਂ ।੧।ਰਹਾਉ।

ਧਿਆਈਐ—ਸਿਮਰਨਾ ਚਾਹੀਦਾ ਹੈ । ਪ੍ਰਸਾਦਿ—ਕਿਰਪਾ ਨਾਲ । ਭਉ—ਭਵ-ਸਾਗਰ, ਸੰਸਾਰ-ਸਮੁੰਦਰ । ਤਰੀਐ—ਪਾਰ ਲੰਘ ਸਕੀਦਾ ਹੈ । ਆਪੁ—ਆਪਾ-ਭਾਵ । ਰੇਣਾ—ਚਰਨ-ਧੂੜ । ਇਉ—ਇਸ ਤਰ੍ਹਾਂ । ਜੀਵਤਿਆ ਮਰੀਐ—ਦੁਨੀਆ ਦਾ ਕਾਰ-ਵਿਹਾਰ ਕਰਦਿਆਂ ਨਿਰਮੋਹ ਹੋ ਜਾਈਦਾ ਹੈ ।੨।

ਸਫਲ—ਕਾਮਯਾਬ । ਤਿਸ ਕਾ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਭੀਤਰਿ—ਵਿਚ । ਸੰਗਿ—ਸੰਗਤਿ ਵਿਚ । ਜਾਪੁ—ਜਪਦਾ ਹੈ । ਮਨੋਰਥ—ਮੁਰਾਦਾਂ । ਆਪੇ—ਆਪ ਹੀ ।੩।

ਪ੍ਰਭ—ਪ੍ਰਭੂ! ਕਰਿ—ਕਰ ਕੇ । ਦੀਜੈ—ਦੇਹ । ਸਾਧ ਰਵਾਲਾ—ਗੁਰੂ ਦੇ ਚਰਨਾਂ ਦੀ ਧੂੜ ।੪।

ਅਰਥ :—ਹੇ ਮੇਰੇ ਰਾਮ ਜੀ! ਹੇ ਮੇਰੇ ਪ੍ਰਭੂ! ਤੂੰ (ਮੇਰੇ) ਦਿਲ ਦੀ ਜਾਣਨ ਵਾਲਾ ਹੈਂ । ਹੇ ਦਇਆ ਦੇ ਘਰ ਗੁਰਦੇਵ! ਹੇ ਸੁਆਮੀ! ਮੇਹਰ ਕਰ, ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ ।੧।ਰਹਾਉ।

ਹੇ ਰੱਖਿਆ ਕਰਨ ਦੇ ਸਮਰਥ ਪ੍ਰਭੂ! ਮੇਰੀ ਰੱਖਿਆ ਕਰ । ਮੈਂ ਸਾਰੇ (ਆਸਰੇ) ਛੱਡ ਕੇ ਗੁਰੂ ਦੀ ਸਰਨ ਆ ਪਿਆ ਹਾਂ । ਹੇ ਪ੍ਰਭੂ! ਇਹਨਾਂ ਜੀਵਾਂ ਵਿਚਾਰਿਆਂ ਦੀ ਕੀਹ ਪਾਂਇਆਂ ਹੈ? ਤੂੰ ਜਿਸ ਕੰਮ ਵਿਚ ਅਸਾਂ ਜੀਵਾਂ ਨੂੰ ਲਾ ਦੇਂਦਾ ਹੈਂ, ਅਸੀ ਉਸ ਕੰਮ ਵਿਚ ਲੱਗ ਪੈਂਦੇ ਹਾਂ ।੧।

ਹੇ ਭਾਈ! ਅੱਠੇ ਪਹਰ ਆਪਣੇ ਮਾਲਕ-ਪ੍ਰਭੂ ਦਾ ਧਿਆਨ ਧਰਨਾ ਚਾਹੀਦਾ ਹੈ, (ਇਸ ਤਰ੍ਹਾਂ) ਗੁਰੂ ਦੀ ਕਿਰਪਾ ਨਾਲ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ । ਹੇ ਭਾਈ! ਆਪਾ-ਭਾਵ ਛੱਡ ਕੇ ਗੁਰੂ ਦੇ ਚਰਨਾਂ ਦੀ ਧੂੜ ਬਣ ਜਾਣਾ ਚਾਹੀਦਾ ਹੈ, ਇਸ ਤਰ੍ਹਾਂ ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ ਨਿਰਮੋਹ ਹੋ ਜਾਈਦਾ ਹੈ ।੨।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦਾ ਨਾਮ ਜਪਦਾ ਹੈ, ਜਗਤ ਵਿਚ ਉਸ ਦਾ ਜੀਵਨ ਕਾਮਯਾਬ ਹੋ ਜਾਂਦਾ ਹੈ । ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਆਪ ਹੀ ਕਿਰਪਾ ਕਰਦਾ ਹੈ, ਉਸ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ ।੩।

ਹੇ ਨਾਨਕ! (ਆਖ—) ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਕ੍ਰਿਪਾਲ! ਹੇ ਮਾਲਕ-ਪ੍ਰਭੂ! ਹੇ ਦਇਆ ਦੇ ਸੋਮੇ! ਮੈਂ ਤੇਰੀ ਸਰਨ ਆਇਆ ਹਾਂ! ਮੇਹਰ ਕਰ, ਮੈਨੂੰ ਆਪਣਾ ਨਾਮ ਬਖ਼ਸ਼, ਗੁਰੂ ਦੇ ਚਰਨਾਂ ਦੀ ਧੂੜ ਦੇਹ ।੪।੧੧।੫੮।

ਰਾਗੁ ਸੂਹੀ ਅਸਟਪਦੀਆ ਮਹਲਾ ੧ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਸਭਿ ਅਵਗਣ ਮੈ ਗੁਣੁ ਨਹੀ ਕੋਈ ॥ ਕਿਉ ਕਰਿ ਕੰਤ ਮਿਲਾਵਾ ਹੋਈ ॥੧॥ ਨਾ ਮੈ ਰੂਪੁ ਨ ਬੰਕੇ ਨੈਣਾ ॥ ਨਾ ਕੁਲ ਢੰਗੁ ਨ ਮੀਠੇ ਬੈਣਾ ॥੧॥ ਰਹਾਉ ॥ ਸਹਜਿ ਸੀਗਾਰ ਕਾਮਣਿ ਕਰਿ ਆਵੈ ॥ ਤਾ ਸੋਹਾਗਣਿ ਜਾ ਕੰਤੈ ਭਾਵੈ ॥੨॥ ਨਾ ਤਿਸੁ ਰੂਪੁ ਨ ਰੇਖਿਆ ਕਾਈ ॥ ਅੰਤਿ ਨ ਸਾਹਿਬੁ ਸਿਮਰਿਆ ਜਾਈ ॥੩॥ ਸੁਰਤਿ ਮਤਿ ਨਾਹੀ ਚਤੁਰਾਈ ॥ ਕਰਿ ਕਿਰਪਾ ਪ੍ਰਭ ਲਾਵਹੁ ਪਾਈ ॥੪॥ ਖਰੀ ਸਿਆਣੀ ਕੰਤ ਨ ਭਾਣੀ ॥ ਮਾਇਆ ਲਾਗੀ ਭਰਮਿ ਭੁਲਾਣੀ ॥੫॥ ਹਉਮੈ ਜਾਈ ਤਾ ਕੰਤ ਸਮਾਈ ॥ ਤਉ ਕਾਮਣਿ ਪਿਆਰੇ ਨਵ ਨਿਧਿ ਪਾਈ ॥੬॥ ਅਨਿਕ ਜਨਮ ਬਿਛੁਰਤ ਦੁਖੁ ਪਾਇਆ ॥ ਕਰੁ ਗਹਿ ਲੇਹੁ ਪ੍ਰੀਤਮ ਪ੍ਰਭ ਰਾਇਆ ॥੭॥ ਭਣਤਿ ਨਾਨਕੁ ਸਹੁ ਹੈ ਭੀ ਹੋਸੀ ॥ ਜੈ ਭਾਵੈ ਪਿਆਰਾ ਤੈ ਰਾਵੇਸੀ ॥੮॥੧॥ {ਪੰਨਾ ੭੫੦}

ਪਦ ਅਰਥ :—ਸਭਿ—ਸਾਰੇ । ਮੈ—ਮੇਰੇ ਅੰਦਰ । ਕੰਤ ਮਿਲਾਵਾ—ਕੰਤ ਦਾ ਮਿਲਾਪ ।੧।

ਮੈ—ਮੇਰਾ । ਬੰਕੇ—ਬਾਂਕੇ, ਸੋਹਣੇ । ਨੈਣਾ—ਨੇਤਰ, ਅੱਖਾਂ । ਕੁਲ ਢੰਗੁ—ਉੱਚੀ ਕੁਲ ਵਾਲਿਆਂ ਵਾਲਾ ਚੱਜ-ਆਚਾਰ । ਬੈਣਾ—ਬੋਲ ।੧।ਰਹਾਉ।

ਸਹਜਿ—ਅਡੋਲ ਆਤਮਕ ਅਵਸਥਾ ਵਿਚ । ਕਾਮਣਿ—ਇਸਤ੍ਰੀ, ਜੀਵ-ਇਸਤ੍ਰੀ । ਕਰਿ—ਕਰ ਕੇ । ਸੋਹਾਗਣਿ—ਚੰਗੇ ਭਾਗਾਂ ਵਾਲੀ । ਜਾ—ਜਦੋਂ ।੨।

ਤਿਸੁ—ਉਸ (ਪ੍ਰਭੂ ਕੰਤ) ਦਾ । ਰੇਖਿਆ—ਚਿੰਨ੍ਹ । ਕਾਈ—ਕੋਈ । ਅੰਤਿ—ਅੰਤ ਵੇਲੇ, ਦੁਨੀਆ ਛੱਡਣ ਵੇਲੇ ।੩।

ਪ੍ਰਭ—ਹੇ ਪ੍ਰਭੂ! ਪਾਈ—ਚਰਨੀਂ ।੪।

ਖਰੀ—ਬਹੁਤ । ਕੰਤ ਨ ਭਾਣੀ—ਕੰਤ ਨੂੰ ਪਸੰਦ ਨ ਆਈ ।੫।

ਜਾਈ—ਜਾਵੇ, ਦੂਰ ਹੋਵੇ । ਕੰਤ—ਹੇ ਕੰਤ! ਤਉ—ਤਦੋਂ । ਪਿਆਰੇ—ਹੇ ਪਿਆਰੇ! ਨਉਨਿਧਿ—ਨੌ ਖ਼ਜ਼ਾਨੇ ।੬।

ਕਰੁ—ਹੱਥ । ਗਹਿ ਲੇਹੁ—ਫੜ ਲਵੋ ।੭।

ਭਣਤਿ—ਬੇਨਤੀ ਕਰਦਾ ਹੈ । ਹੋਸੀ—(ਸਦਾ) ਰਹੇਗਾ । ਜੈ ਭਾਵੈ—ਜੋ ਤਿਸ ਭਾਵੈ, ਜੇਹੜੀ ਜੀਵ-ਇਸਤ੍ਰੀ ਉਸ ਨੂੰ ਚੰਗੀ ਲੱਗਦੀ ਹੈ । ਤੇ—ਉਸ ਨੂੰ ।੮।

ਅਰਥ :—ਨਾਹ ਮੇਰੀ (ਸੋਹਣੀ) ਸ਼ਕਲ ਹੈ, ਨਾਹ ਮੇਰੀਆਂ ਸੋਹਣੀਆਂ ਅੱਖਾਂ ਹਨ, ਨਾਹ ਹੀ ਚੰਗੀ ਕੁਲ ਵਾਲਿਆਂ ਵਾਲਾ ਮੇਰਾ ਚੱਜ-ਆਚਾਰ ਹੈ, ਨਾਹ ਹੀ ਮੇਰੀ ਬੋਲੀ ਮਿੱਠੀ ਹੈ (ਮੈਂ ਫਿਰ ਕਿਵੇਂ ਪਤੀ-ਪ੍ਰਭੂ ਨੂੰ ਖ਼ੁਸ਼ ਕਰ ਸਕਾਂਗੀ?) ।੧।ਰਹਾਉ।

ਮੇਰੇ ਅੰਦਰ ਸਾਰੇ ਔਗੁਣ ਹੀ ਹਨ, ਗੁਣ ਇੱਕ ਭੀ ਨਹੀਂ (ਇਸ ਹਾਲਤ ਵਿਚ) ਮੈਨੂੰ ਖਸਮ-ਪ੍ਰਭੂ ਦਾ ਮਿਲਾਪ ਕਿਵੇਂ ਹੋ ਸਕਦਾ ਹੈ? ।੧।

ਜੇਹੜੀ ਜੀਵ-ਇਸਤ੍ਰੀ ਅਡੋਲ ਆਤਮਕ ਅਵਸਥਾ ਵਿਚ (ਟਿਕਦੀ ਹੈ, ਤੇ ਇਹ) ਹਾਰ ਸਿੰਗਾਰ ਕਰ ਕੇ (ਪ੍ਰਭੂ-ਪਤੀ ਦੇ ਦਰ ਤੇ) ਆਉਂਦੀ ਹੈ (ਉਹ ਪਤੀ-ਪ੍ਰਭੂ ਨੂੰ ਚੰਗੀ ਲੱਗਦੀ ਹੈ, ਤੇ) ਤਦੋਂ ਹੀ ਜੀਵ-ਇਸਤ੍ਰੀ ਭਾਗਾਂ ਵਾਲੀ ਹੈ ਜਦੋਂ ਉਹ ਕੰਤ-ਪ੍ਰਭੂ ਨੂੰ ਪਸੰਦ ਆਉਂਦੀ ਹੈ ।੨।

ਉਸ ਪਤੀ-ਪ੍ਰਭੂ ਦੀ (ਇਹਨੀਂ ਅੱਖੀਂ ਦਿੱਸਣ ਵਾਲੀ ਕੋਈ) ਸ਼ਕਲ ਨਹੀਂ ਹੈ ਉਸ ਦਾ ਕੋਈ ਚਿੰਨ੍ਹ ਭੀ ਨਹੀਂ (ਜਿਸ ਨੂੰ ਵੇਖ ਸਕੀਏ, ਤੇ ਉਸ ਦਾ ਸਿਮਰਨ ਕਰ ਸਕੀਏ । ਪਰ ਜੇ ਸਾਰੀ ਉਮਰ ਉਸ ਨੂੰ ਵਿਸਾਰੀ ਹੀ ਰੱਖਿਆ, ਤਾਂ) ਅੰਤ ਸਮੇ ਉਹ ਮਾਲਕ ਸਿਮਰਿਆ ਨਹੀਂ ਜਾ ਸਕਦਾ ।੩।

ਹੇ ਪ੍ਰਭੂ! (ਮੇਰੀ ਉੱਚੀ) ਸੁਰਤਿ ਨਹੀਂ, (ਮੇਰੇ ਵਿਚ ਕੋਈ) ਅਕਲ ਨਹੀਂ (ਕੋਈ) ਸਿਆਣਪ ਨਹੀਂ । (ਤੂੰ ਆਪ ਹੀ) ਮੇਹਰ ਕਰ ਕੇ ਮੈਨੂੰ ਆਪਣੀ ਚਰਨੀਂ ਲਾ ਲੈ ।੪।

ਜੇਹੜੀ ਜੀਵ-ਇਸਤ੍ਰੀ ਮਾਇਆ (ਦੇ ਮੋਹ) ਵਿਚ ਫਸੀ ਰਹੇ, ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝੀ ਰਹੇ, ਉਹ (ਦੁਨੀਆ ਦੇ ਕਾਰ-ਵਿਹਾਰ ਵਿਚ ਭਾਵੇਂ) ਬਹੁਤ ਸਿਆਣੀ (ਭੀ ਹੋਵੇ, ਪਰ) ਉਹ ਕੰਤ-ਪ੍ਰਭੂ ਨੂੰ ਚੰਗੀ ਨਹੀਂ ਲੱਗਦੀ ।੫।

ਹੇ ਕੰਤ ਪ੍ਰਭੂ! ਜਦੋਂ ਹਉਮੈ ਦੂਰ ਹੋਵੇ ਤਦੋਂ ਹੀ (ਤੇਰੇ ਚਰਨਾਂ ਵਿਚ) ਲੀਨਤਾ ਹੋ ਸਕਦੀ ਹੈ, ਤਦੋਂ ਹੀ, ਹੇ ਪਿਆਰੇ! ਜੀਵ-ਇਸਤ੍ਰੀ ਤੈਨੂੰ—ਨੌ ਖ਼ਜ਼ਾਨਿਆਂ ਦੇ ਸੋਮੇ ਨੂੰ—ਮਿਲ ਸਕਦੀ ਹੈ ।੬।

ਹੇ ਪ੍ਰਭੂ ਰਾਇ! ਹੇ ਪ੍ਰੀਤਮ! ਤੈਥੋਂ ਵਿਛੁੜ ਕੇ ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ ਮੈਂ ਦੁੱਖ ਸਹਾਰਿਆ ਹੈ, ਹੁਣ ਤੂੰ ਮੇਰਾ ਹੱਥ ਫੜ ਲੈ ।੭।

ਨਾਨਕ ਬੇਨਤੀ ਕਰਦਾ ਹੈ—ਖਸਮ-ਪ੍ਰਭੂ (ਸਚ-ਮੁਚ ਮੌਜੂਦ) ਹੈ, ਸਦਾ ਹੀ ਰਹੇਗਾ । ਜੇਹੜੀ ਜੀਵ-ਇਸਤ੍ਰੀ ਉਸ ਨੂੰ ਭਾਉਂਦੀ ਹੈ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ।੮।੧।

ਸੂਹੀ ਮਹਲਾ ੧ ਘਰੁ ੯

ੴ ਸਤਿਗੁਰ ਪ੍ਰਸਾਦਿ ॥ ਕਚਾ ਰੰਗੁ ਕਸੁੰਭ ਕਾ ਥੋੜੜਿਆ ਦਿਨ ਚਾਰਿ ਜੀਉ ॥ ਵਿਣੁ ਨਾਵੈ ਭ੍ਰਮਿ ਭੁਲੀਆ ਠਗਿ ਮੁਠੀ ਕੂੜਿਆਰਿ ਜੀਉ ॥ ਸਚੇ ਸੇਤੀ ਰਤਿਆ ਜਨਮੁ ਨ ਦੂਜੀ ਵਾਰ ਜੀਉ ॥੧॥ ਰੰਗੇ ਕਾ ਕਿਆ ਰੰਗੀਐ ਜੋ ਰਤੇ ਰੰਗੁ ਲਾਇ ਜੀਉ ॥ ਰੰਗਣ ਵਾਲਾ ਸੇਵੀਐ ਸਚੇ ਸਿਉ ਚਿਤੁ ਲਾਇ ਜੀਉ ॥੧॥ ਰਹਾਉ ॥ ਚਾਰੇ ਕੁੰਡਾ ਜੇ ਭਵਹਿ ਬਿਨੁ ਭਾਗਾ ਧਨੁ ਨਾਹਿ ਜੀਉ ॥ ਅਵਗਣਿ ਮੁਠੀ ਜੇ ਫਿਰਹਿ ਬਧਿਕ ਥਾਇ ਨ ਪਾਹਿ ਜੀਉ ॥ ਗੁਰਿ ਰਾਖੇ ਸੇ ਉਬਰੇ ਸਬਦਿ ਰਤੇ ਮਨ ਮਾਹਿ ਜੀਉ ॥੨॥ ਚਿਟੇ ਜਿਨ ਕੇ ਕਪੜੇ ਮੈਲੇ ਚਿਤ ਕਠੋਰ ਜੀਉ ॥ ਤਿਨ ਮੁਖਿ ਨਾਮੁ ਨ ਊਪਜੈ ਦੂਜੈ ਵਿਆਪੇ ਚੋਰ ਜੀਉ ॥ ਮੂਲੁ ਨ ਬੂਝਹਿ ਆਪਣਾ ਸੇ ਪਸੂਆ ਸੇ ਢੋਰ ਜੀਉ ॥੩॥ ਨਿਤ ਨਿਤ ਖੁਸੀਆ ਮਨੁ ਕਰੇ ਨਿਤ ਨਿਤ ਮੰਗੈ ਸੁਖ ਜੀਉ ॥ ਕਰਤਾ ਚਿਤਿ ਨ ਆਵਈ ਫਿਰਿ ਫਿਰਿ ਲਗਹਿ ਦੁਖ ਜੀਉ ॥ ਸੁਖ ਦੁਖ ਦਾਤਾ ਮਨਿ ਵਸੈ ਤਿਤੁ ਤਨਿ ਕੈਸੀ ਭੁਖ ਜੀਉ ॥੪॥ ਬਾਕੀ ਵਾਲਾ ਤਲਬੀਐ ਸਿਰਿ ਮਾਰੇ ਜੰਦਾਰੁ ਜੀਉ ॥ ਲੇਖਾ ਮੰਗੈ ਦੇਵਣਾ ਪੁਛੈ ਕਰਿ ਬੀਚਾਰੁ ਜੀਉ ॥ ਸਚੇ ਕੀ ਲਿਵ ਉਬਰੈ ਬਖਸੇ ਬਖਸਣਹਾਰੁ ਜੀਉ ॥੫॥ ਅਨ ਕੋ ਕੀਜੈ ਮਿਤੜਾ ਖਾਕੁ ਰਲੈ ਮਰਿ ਜਾਇ ਜੀਉ ॥ ਬਹੁ ਰੰਗ ਦੇਖਿ ਭੁਲਾਇਆ ਭੁਲਿ ਭੁਲਿ ਆਵੈ ਜਾਇ ਜੀਉ ॥ ਨਦਰਿ ਪ੍ਰਭੂ ਤੇ ਛੁਟੀਐ ਨਦਰੀ ਮੇਲਿ ਮਿਲਾਇ ਜੀਉ ॥੬॥ ਗਾਫਲ ਗਿਆਨ ਵਿਹੂਣਿਆ ਗੁਰ ਬਿਨੁ ਗਿਆਨੁ ਨ ਭਾਲਿ ਜੀਉ ॥ ਖਿੰਚੋਤਾਣਿ ਵਿਗੁਚੀਐ ਬੁਰਾ ਭਲਾ ਦੁਇ ਨਾਲਿ ਜੀਉ ॥ ਬਿਨੁ ਸਬਦੈ ਭੈ ਰਤਿਆ ਸਭ ਜੋਹੀ ਜਮ ਕਾਲਿ ਜੀਉ ॥੭॥ ਜਿਨਿ ਕਰਿ ਕਾਰਣੁ ਧਾਰਿਆ ਸਭਸੈ ਦੇਇ ਆਧਾਰੁ ਜੀਉ ॥ ਸੋ ਕਿਉ ਮਨਹੁ ਵਿਸਾਰੀਐ ਸਦਾ ਸਦਾ ਦਾਤਾਰੁ ਜੀਉ ॥ ਨਾਨਕ ਨਾਮੁ ਨ ਵੀਸਰੈ ਨਿਧਾਰਾ ਆਧਾਰੁ ਜੀਉ ॥੮॥੧॥੨॥ {ਪੰਨਾ ੭੫੧}

ਪਦ ਅਰਥ :—ਭ੍ਰਮਿ—ਭਟਕਣਾ ਵਿਚ (ਪੈ ਕੇ)। ਠਗਿ—ਠੱਗੀ (ਜਾਂਦੀ ਹੈ)। ਮੁਠੀ—ਲੁੱਟੀ (ਜਾਂਦੀ) ਹੈ। ਕੂੜਿਆਰਿ—ਕੂੜ ਦੀ ਵਪਾਰਨ (ਜੀਵ-ਇਸਤ੍ਰੀ)। ਸੇਤੀ—ਨਾਲ ।੧।

ਕਿਆ ਰੰਗੀਐ—ਕਿਸੇ ਹੋਰ ਰੰਗ ਦੀ ਲੋੜ ਨਹੀਂ ਰਹਿੰਦੀ। ਸਚੇ ਸਿਉ—ਸਦਾ-ਥਿਰ ਪ੍ਰਭੂ ਨਾਲ ।੧।ਰਹਾਉ।

ਕੁੰਡਾ—ਕੁੰਡਾਂ, ਪਾਸੇ, ਕੂੰਟਾਂ। ਭਵਹਿ—ਤੂੰ ਭਵੇਂ। ਧਨੁ—ਨਾਮ-ਧਨ। ਬਧਿਕ—ਸ਼ਿਕਾਰੀ। ਥਾਇ ਨ ਪਾਹਿ—ਤੂੰ ਥਾਂ ਸਿਰ ਨਹੀਂ ਪਾਏਂਗੀ, ਤੂੰ ਪਰਵਾਨ ਨਹੀਂ ਹੋਵੇਂਗੀ। ਗੁਰਿ—ਗੁਰੂ ਨੇ। ਉਬਰੇ—ਬਚ ਗਏ ।੨।

ਕਠੋਰ—ਸਖ਼ਤ, ਨਿਰਦਈ। ਦੂਜੈ ਵਿਆਪੇ—ਮਾਇਆ ਦੇ ਮੋਹ ਵਿਚ ਦਬੇ ਹੋਏ, ਪ੍ਰਭੂ ਤੋਂ ਬਿਨਾ ਕਿਸੇ ਹੋਰ ਵਿਚ ਫਸੇ ਹੋਏ। ਢੋਰ—ਪਸ਼ੂ, ਮਹਾਂ ਮੂਰਖ ।੩।.

ਚਿਤਿ—ਚਿੱਤ ਵਿਚ। ਆਵਈ—ਆਵਏ, ਆਵੈ, ਆਉਂਦਾ। ਤਿਤੁ ਤਨਿ—ਉਸ ਸਰੀਰ ਵਿਚ ।੪।

ਬਾਕੀ ਵਾਲਾ—ਕਰਜ਼ਾਈ, ਜਿਸ ਨੇ ਵਿਕਾਰਾਂ-ਰੂਪ ਕਰਜ਼ੇ ਦੀ ਪੰਡ ਚੁੱਕੀ ਹੋਈ ਹੈ। ਤਲਬੀਐ—ਸੱਦਿਆ ਜਾਂਦਾ ਹੈ (ਲੇਖਾ ਦੇਣ ਵਾਸਤੇ)। ਸਿਰਿ—(ਉਸ ਦੇ) ਸਿਰ ਉਤੇ। ਜੰਦਾਰੁ—ਜੰਦਾਲ, ਅਵੈੜਾ, ਜਮ। ਲਿਵ—ਲਗਨ, ਖਿੱਚ ।੫।

ਕੋ—ਕੋਈ। ਅਨ—{ਅੰਯ} ਹੋਰ। ਕੀਜੈ—ਬਣਾਇਆ ਜਾਏ। ਮਰਿ ਜਾਇ—(ਆਤਮਕ ਮੌਤੇ) ਮਰ ਜਾਂਦਾ ਹੈ। ਦੇਖਿ—ਵੇਖ ਕੇ। ਤੇ—ਤੋਂ, ਦੀ ਰਾਹੀਂ। ਨਦਰੀ—ਮੇਹਰ ਦੀ ਨਿਗਾਹ ਨਾਲ ।੬।

ਗਾਫਲ—ਹੇ ਗ਼ਾਫ਼ਲ! ਹੇ ਬੇ-ਸਮਝ! ਹੇ ਲਾਪਰਵਾਹ ਬੰਦੇ! ਵਿਹੂਣਾ—ਸੱਖਣਾ। ਖਿੰਚੋਤਾਣਿ—ਖਿੱਚਾ-ਖਿਚੀ ਵਿਚ। ਵਿਗੁਚੀਐ—ਖ਼ੁਆਰ ਹੋਈਦਾ ਹੈ। ਬੁਰਾ ਭਲਾ ਦੁਇ—ਨੇਕੀ ਤੇ ਬਦੀ ਦੋਵੇਂ। ਭੈ—ਸਹਿਮ ਵਿਚ। ਜੋਹੀ—ਤੱਕੀ, ਨਜ਼ਰ ਹੇਠ ਰੱਖੀ। ਕਾਲਿ—ਕਾਲ ਨੇ ।੭।

ਜਿਨਿ—ਜਿਸ (ਕਰਤਾਰ) ਨੇ। ਕਾਰਣੁ—ਜਗਤ। ਸਭਸੈ—ਹਰੇਕ ਜੀਵ ਨੂੰ। ਆਧਾਰੁ—ਆਸਰਾ। ਮਨਹੁ—ਮਨ ਤੋਂ। ਨਿਧਾਰਾ—ਨਿਆਸਰਿਆਂ ਦਾ ।੮।

ਅਰਥ :—ਹੇ ਭਾਈ! ਜੇਹੜੇ ਬੰਦੇ ਪਰਮਾਤਮਾ ਦਾ ਪ੍ਰੇਮ-ਰੰਗ ਲਾ ਕੇ ਰੰਗੇ ਜਾਂਦੇ ਹਨ ਉਹਨਾਂ ਦੇ ਰੰਗੇ ਹੋਏ ਮਨ ਨੂੰ ਕਿਸੇ ਹੋਰ ਰੰਗ ਦੀ ਲੋੜ ਨਹੀਂ ਰਹਿ ਜਾਂਦੀ (ਨਾਮ ਵਿਚ ਰੱਤੇ ਨੂੰ) ਕਿਸੇ ਹੋਰ ਕਰਮ-ਸੁਹਜ ਦੀ ਮੁਥਾਜੀ ਨਹੀਂ ਰਹਿੰਦੀ। (ਪਰ ਇਹ ਨਾਮ-ਰੰਗ ਪਰਮਾਤਮਾ ਆਪ ਹੀ ਦੇਂਦਾ ਹੈ, ਸੋ) ਉਸ ਸਦਾ-ਥਿਰ ਰਹਿਣ ਵਾਲੇ ਨੂੰ ਤੇ (ਜੀਵਾਂ ਦੇ ਮਨ ਨੂੰ ਆਪਣੇ ਪ੍ਰੇਮ-ਰੰਗ ਨਾਲ) ਰੰਗਣ ਵਾਲੇ ਪ੍ਰਭੂ ਨੂੰ ਚਿੱਤ ਲਾ ਕੇ ਸਿਮਰਨਾ ਚਾਹੀਦਾ ਹੈ ।੧।ਰਹਾਉ।

(ਜੀਵ ਮਾਇਆ ਦੇ ਸੁਹਣੱਪ ਨੂੰ ਵੇਖ ਵੇਖ ਕੇ ਫੁੱਲਦਾ ਹੈ, ਪਰ ਇਹ ਮਾਇਆ ਦਾ ਸਾਥ ਕਸੁੰਭੇ ਦੇ ਰੰਗ ਵਰਗਾ ਹੀ ਹੈ) ਕਸੁੰਭੇ ਦੇ ਫੁੱਲ ਦਾ ਰੰਗ ਕੱਚਾ ਹੁੰਦਾ ਹੈ, ਥੋੜਾ ਚਿਰ ਹੀ ਰਹਿੰਦਾ ਹੈ, ਚਾਰ ਦਿਨ ਹੀ ਟਿਕਦਾ ਹੈ। ਮਾਇਆ ਦੀ ਵਪਾਰਨ ਜੀਵ-ਇਸਤ੍ਰੀ ਪ੍ਰਭੂ-ਨਾਮ ਤੋਂ ਖੁੰਝ ਕੇ (ਮਾਇਆ-ਕਸੁੰਭੇ ਦੇ) ਭੁਲੇਖੇ ਵਿਚ ਕੁਰਾਹੇ ਪੈ ਜਾਂਦੀ ਹੈ, ਠੱਗੀ ਜਾਂਦੀ ਹੈ, ਤੇ ਇਸ ਦਾ ਆਤਮਕ ਜੀਵਨ (ਦਾ ਸਰਮਾਇਆ) ਲੁੱਟਿਆ ਜਾਂਦਾ ਹੈ। ਹੇ ਭਾਈ! ਜੇ ਸਦਾ-ਥਿਰ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੇ ਜਾਈਏ, ਤਾਂ ਮੁੜ ਮੁੜ ਜਨਮ (ਦਾ ਗੇੜ) ਮੁੱਕ ਜਾਂਦਾ ਹੈ ।੧।

ਹੇ ਜਿੰਦੇ! ਜੇ ਤੂੰ ਚਾਰੇ ਕੂੰਟਾਂ ਭਾਲਦੀ ਫਿਰੇਂ ਤਾਂ ਭੀ ਚੰਗੇ ਭਾਗਾਂ ਤੋਂ ਬਿਨਾ ਨਾਮ-ਧਨ ਨਹੀਂ ਲੱਭਦਾ। ਜੇ ਔਗੁਣ ਨੇ ਤੇਰੇ ਮਨ ਨੂੰ ਠੱਗ ਲਿਆ ਹੈ, ਤੇ ਜੇ ਇਸ ਆਤਮਕ ਦਸ਼ਾ ਵਿਚ ਤੂੰ (ਤੀਰਥ ਆਦਿਕਾਂ ਤੇ ਭੀ) ਫਿਰੇਂ, ਤਾਂ ਭੀ ਸ਼ਿਕਾਰੀ ਦੇ ਬਾਹਰੋਂ ਲਿਫਣ ਵਾਂਗ ਤੂੰ (ਆਪਣੇ ਇਹਨਾਂ ਉੱਦਮਾਂ ਦੀ ਰਾਹੀਂ) ਕਬੂਲ ਨਹੀਂ ਹੋਵੇਂਗੀ। ਜਿਨ੍ਹਾਂ ਦੀ ਗੁਰੂ ਨੇ ਰਾਖੀ ਕੀਤੀ, ਜੇਹੜੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨ ਵਿਚ ਪ੍ਰਭੂ-ਨਾਮ ਨਾਲ ਰੰਗੇ ਗਏ ਹਨ, ਉਹੀ (ਮਾਇਆ ਦੇ ਮੋਹ ਤੇ ਵਿਕਾਰਾਂ ਤੋਂ) ਬਚਦੇ ਹਨ ।੨।

(ਬਗੁਲੇ ਵੇਖਣ ਨੂੰ ਚਿੱਟੇ ਹਨ, ਤੀਰਥਾਂ ਉਤੇ ਭੀ ਨਿਵਾਸ ਰੱਖਦੇ ਹਨ, ਪਰ ਸਮਾਧੀ ਲਾ ਕੇ ਮੱਛੀਆਂ ਹੀ ਫੜਦੇ ਹਨ, ਤਿਵੇਂ ਹੀ) ਜਿਨ੍ਹਾਂ ਦੇ ਕੱਪੜੇ ਤਾਂ ਚਿੱਟੇ ਹਨ ਪਰ ਮਨ ਮੈਲੇ ਹਨ ਤੇ ਨਿਰਦਈ ਹਨ ਉਹਨਾਂ ਦੇ ਮੂੰਹੋਂ (ਆਖਣ ਨਾਲ ਮਨ ਵਿਚ) ਪ੍ਰਭੂ ਦਾ ਨਾਮ ਪਰਗਟ ਨਹੀਂ ਹੁੰਦਾ ਉਹ (ਬਾਹਰੋਂ ਸਾਧ ਦਿੱਸਦੇ ਹਨ ਅਸਲ ਵਿਚ) ਚੋਰ ਹਨ, ਉਹ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ ।੩।

(ਮਾਇਆ-ਵੇੜ੍ਹੇ ਮਨੁੱਖ ਦਾ) ਮਨ ਸਦਾ ਦੁਨੀਆ ਵਾਲੇ ਚਾਉ-ਮਲ੍ਹਾਰ ਹੀ ਕਰਦਾ ਹੈ ਤੇ ਸਦਾ ਸੁਖ ਹੀ ਮੰਗਦਾ ਹੈ, ਪਰ (ਜਿਤਨਾ ਚਿਰ) ਕਰਤਾਰ ਉਸ ਦੇ ਚਿੱਤ ਵਿਚ ਨਹੀਂ ਵੱਸਦਾ, ਉਸ ਨੂੰ ਮੁੜ ਮੁੜ ਦੁੱਖ ਵਿਆਪਦੇ ਰਹਿੰਦੇ ਹਨ ।

(ਹਾਂ,) ਜਿਸ ਮਨ ਵਿਚ ਸੁਖ ਦੁਖ ਦੇਣ ਵਾਲਾ ਪਰਮਾਤਮਾ ਵੱਸ ਪੈਂਦਾ ਹੈ, ਉਸ ਨੂੰ ਕੋਈ ਤ੍ਰਿਸ਼ਨਾ ਨਹੀਂ ਰਹਿ ਜਾਂਦੀ (ਤੇ ਉਹ ਸੁਖਾਂ ਦੀ ਲਾਲਸਾ ਨਹੀਂ ਕਰਦਾ) ।੪।

(ਜੀਵ-ਵਣਜਾਰਾ ਇਥੇ ਨਾਮ ਦਾ ਵਣਜ ਕਰਨ ਆਇਆ ਹੈ, ਪਰ ਜੇਹੜਾ ਜੀਵ ਇਹ ਵਣਜ ਵਿਸਾਰ ਕੇ ਵਿਕਾਰਾਂ ਦਾ ਕਰਜ਼ਾ ਆਪਣੇ ਸਿਰ ਚਾੜ੍ਹਨ ਲੱਗ ਪੈਂਦਾ ਹੈ, ਉਸ) ਕਰਜ਼ਾਈ ਨੂੰ ਸੱਦਾ ਪੈਂਦਾ ਹੈ; ਜਮਰਾਜ ਉਸ ਦੇ ਸਿਰ ਉਤੇ ਚੋਟ ਮਾਰਦਾ ਹੈ, ਉਸ ਦੇ ਸਾਰੇ ਕੀਤੇ ਕਰਮਾਂ ਦਾ ਵਿਚਾਰ ਕਰ ਕੇ ਉਸ ਤੋਂ ਪੁੱਛਦਾ ਹੈ ਤੇ ਉਸ ਤੋਂ ਉਹ ਲੇਖਾ ਮੰਗਦਾ ਹੈ ਜੋ (ਉਸ ਦੇ ਜ਼ਿੰਮੇ) ਦੇਣਾ ਬਣਦਾ ਹੈ । ਜਿਸ ਜੀਵ ਵਣਜਾਰੇ ਦੇ ਅੰਦਰ ਸਦਾ-ਥਿਰ ਪ੍ਰਭੂ ਦੀ ਲਗਨ ਹੋਵੇ, ਉਹ ਜਮਰਾਜ ਦੀ ਮਾਰ ਤੋਂ ਬਚ ਜਾਂਦਾ ਹੈ, ਬਖ਼ਸ਼ਣਹਾਰ ਪ੍ਰਭੂ ਉਸ ਉਤੇ ਮੇਹਰ ਕਰਦਾ ਹੈ ।੫।

ਜੇ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ ਮਿੱਤਰ ਬਣਾਇਆ ਜਾਏ, ਤਾਂ (ਅਜੇਹੇ ਮਿੱਤਰ ਬਣਾਣ ਵਾਲਾ) ਮਿੱਟੀ ਵਿਚ ਰਲ ਜਾਂਦਾ ਹੈ ਆਤਮਕ ਮੌਤੇ ਮਰ ਜਾਂਦਾ ਹੈ । ਮਾਇਆ ਦੇ ਬਹੁਤੇ ਰੰਗ-ਤਮਾਸ਼ੇ ਵੇਖ ਕੇ ਉਹ ਕੁਰਾਹੇ ਪਾਇਆ ਜਾਂਦਾ ਹੈ, ਸਹੀ ਜੀਵਨ-ਰਾਹ ਤੋਂ ਖੁੰਝ ਖੁੰਝ ਕੇ ਉਹ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ । (ਇਸ ਗੇੜ ਵਿਚੋਂ) ਪਰਮਾਤਮਾ ਦੀ ਮੇਹਰ ਦੀ ਨਜ਼ਰ ਨਾਲ ਹੀ ਖ਼ਲਾਸੀ ਪਾਈਦੀ ਹੈ, ਉਹ ਪ੍ਰਭੂ ਮੇਹਰ ਦੀ ਨਿਗਾਹ ਨਾਲ (ਗੁਰੂ-ਚਰਨਾਂ ਵਿਚ) ਮਿਲਾ ਕੇ ਆਪਣੇ ਨਾਲ ਮਿਲਾ ਲੈਂਦਾ ਹੈ ।੬।

ਹੇ ਅਵੇਸਲੇ ਤੇ ਗਿਆਨ-ਹੀਣ ਜੀਵ! ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਦੀ ਆਸ ਵਿਅਰਥ ਹੈ । ਕੀਤੇ ਹੋਏ ਚੰਗੇ ਮੰਦੇ ਕਰਮਾਂ ਦੇ ਸੰਸਕਾਰ ਤਾਂ ਹਰ ਵੇਲੇ ਅੰਦਰ ਮੌਜੂਦ ਹੀ ਹਨ, (ਜੇ ਗੁਰੂ ਦੀ ਸਰਨ ਨਾਹ ਪਈਏ, ਤਾਂ ਉਹ ਅੰਦਰਲੇ ਚੰਗੇ ਮੰਦੇ ਸੰਸਕਾਰ ਚੰਗੇ ਮੰਦੇ ਪਾਸੇ ਖਿੱਚਦੇ ਹਨ) ਤੇ ਇਸ ਖਿੱਚਾ-ਖਿੱਚੀ ਵਿਚ ਖ਼ੁਆਰ ਹੋਵੀਦਾ ਹੈ । ਗੁਰ-ਸ਼ਬਦ ਦਾ ਆਸਰਾ ਲੈਣ ਤੋਂ ਬਿਨਾ ਲੋਕਾਈ (ਦੁਨੀਆ ਵਾਲੇ) ਸਹਿਮ ਵਿਚ ਗ੍ਰਸੀ ਰਹਿੰਦੀ ਹੈ, ਅਜੇਹੀ ਲੋਕਾਈ ਨੂੰ ਆਤਮਕ ਮੌਤ ਨੇ (ਹਰ ਵੇਲੇ) ਆਪਣੀ ਤੱਕ ਵਿਚ ਰੱਖਿਆ ਹੁੰਦਾ ਹੈ ।੭।

ਜਿਸ ਕਰਤਾਰ ਨੇ ਇਹ ਸ੍ਰਿਸ਼ਟੀ ਰਚੀ ਹੈ, ਤੇ ਰਚ ਕੇ ਇਸ ਨੂੰ ਟਿਕਾਇਆ ਹੋਇਆ ਹੈ, ਉਹ ਹਰੇਕ ਜੀਵ ਨੂੰ ਆਸਰਾ ਦੇ ਰਿਹਾ ਹੈ । ਉਸ ਨੂੰ ਕਦੇ ਭੀ ਮਨ ਤੋਂ ਭੁਲਾਣਾ ਨਹੀਂ, ਉਹ ਸਦਾ ਹੀ ਸਭ ਨੂੰ ਦਾਤਾਂ ਦੇਣ ਵਾਲਾ ਹੈ ।

ਹੇ ਨਾਨਕ! (ਅਰਦਾਸ ਕਰ ਕਿ) ਪਰਮਾਤਮਾ ਦਾ ਨਾਮ ਕਦੇ ਨਾਹ ਭੁੱਲੇ । ਪਰਮਾਤਮਾ ਨਿਆਸਰਿਆਂ ਦਾ ਆਸਰਾ ਹੈ ।੮।੧।੨।

ਨੋਟ :—ਪਹਿਲੀ ਅਸਟਪਦੀ 'ਘਰ ੧' ਦੀ ਹੈ । ਇਹ ਦੂਜੀ ਅਸ਼ਟਪਦੀ 'ਘਰੁ ੯' ਦੀ ਹੈ । ਅੰਕ ੧ ਇਹੀ ਪਰਗਟ ਕਰਦਾ ਹੈ । ਕੁੱਲ ਜੋੜ ੨ ਹੈ ।

ਸੂਹੀ ਮਹਲਾ ੧ ਕਾਫੀ ਘਰੁ ੧੦
ੴ ਸਤਿਗੁਰ ਪ੍ਰਸਾਦਿ ॥ ਮਾਣਸ ਜਨਮੁ ਦੁਲੰਭੁ ਗੁਰਮੁਖਿ ਪਾਇਆ ॥ ਮਨੁ ਤਨੁ ਹੋਇ ਚੁਲੰਭੁ ਜੇ ਸਤਿਗੁਰ ਭਾਇਆ ॥੧॥ ਚਲੈ ਜਨਮੁ ਸਵਾਰਿ ਵਖਰੁ ਸਚੁ ਲੈ ॥ ਪਤਿ ਪਾਏ ਦਰਬਾਰਿ ਸਤਿਗੁਰ ਸਬਦਿ ਭੈ ॥੧॥ ਰਹਾਉ ॥ ਮਨਿ ਤਨਿ ਸਚੁ ਸਲਾਹਿ ਸਾਚੇ ਮਨਿ ਭਾਇਆ ॥ ਲਾਲਿ ਰਤਾ ਮਨੁ ਮਾਨਿਆ ਗੁਰੁ ਪੂਰਾ ਪਾਇਆ ॥੨॥ ਹਉ ਜੀਵਾ ਗੁਣ ਸਾਰਿ ਅੰਤਰਿ ਤੂ ਵਸੈ ॥ ਤੂੰ ਵਸਹਿ ਮਨ ਮਾਹਿ ਸਹਜੇ ਰਸਿ ਰਸੈ ॥੩॥ ਮੂਰਖ ਮਨ ਸਮਝਾਇ ਆਖਉ ਕੇਤੜਾ ॥ ਗੁਰਮੁਖਿ ਹਰਿ ਗੁਣ ਗਾਇ ਰੰਗਿ ਰੰਗੇਤੜਾ ॥੪॥ ਨਿਤ ਨਿਤ ਰਿਦੈ ਸਮਾਲਿ ਪ੍ਰੀਤਮੁ ਆਪਣਾ ॥ ਜੇ ਚਲਹਿ ਗੁਣ ਨਾਲਿ ਨਾਹੀ ਦੁਖੁ ਸੰਤਾਪਣਾ ॥੫॥ ਮਨਮੁਖ ਭਰਮਿ ਭੁਲਾਣਾ ਨਾ ਤਿਸੁ ਰੰਗੁ ਹੈ ॥ ਮਰਸੀ ਹੋਇ ਵਿਡਾਣਾ ਮਨਿ ਤਨਿ ਭੰਗੁ ਹੈ ॥੬॥ ਗੁਰ ਕੀ ਕਾਰ ਕਮਾਇ ਲਾਹਾ ਘਰਿ ਆਣਿਆ ॥ ਗੁਰਬਾਣੀ ਨਿਰਬਾਣੁ ਸਬਦਿ ਪਛਾਣਿਆ ॥੭॥ ਇਕ ਨਾਨਕ ਕੀ ਅਰਦਾਸਿ ਜੇ ਤੁਧੁ ਭਾਵਸੀ ॥ ਮੈ ਦੀਜੈ ਨਾਮ ਨਿਵਾਸੁ ਹਰਿ ਗੁਣ ਗਾਵਸੀ ॥੮॥੧॥੩॥ {ਪੰਨਾ ੭੫੧-੭੫੨}

ਨੋਟ :—ਇਹ ਅਸ਼ਟਪਦੀ ਸੂਹੀ ਅਤੇ ਕਾਫੀ ਦੋਹਾਂ ਮਿਲਵੀਆਂ ਰਾਗਣੀਆਂ ਵਿਚ ਗਾਈ ਜਾਣੀ ਹੈ । ਕਾਫੀ ਇਕ ਰਾਗਣੀ ਦਾ ਨਾਮ ਹੈ ।

ਪਦ ਅਰਥ :—ਮਾਣਸ ਜਨਮੁ—ਮਨੁੱਖਾ ਜਨਮ । ਦੁਲੰਭੁ—ਦੁਰਲੱਭ, ਬੜੀ ਮੁਸ਼ਕਲ ਨਾਲ ਮਿਲਣ ਵਾਲਾ । ਪਾਇਆ—ਕਦਰ ਪਾਈ । ਚੁਲੰਭੁ—ਗੂੜ੍ਹਾ ਲਾਲ ।੧।

ਸਵਾਰਿ—ਸਵਾਰ ਕੇ । ਵਖਰੁ—ਵਪਾਰ ਦਾ ਸੌਦਾ । ਸਚੁ—ਸਦਾ-ਥਿਰ ਨਾਮ । ਲੈ—ਲੈ ਕੇ । ਪਤਿ—ਇੱਜ਼ਤ । ਦਰਬਾਰਿ—ਪ੍ਰਭੂ ਦੀ ਹਜ਼ੂਰੀ ਵਿਚ । ਭੈ—ਡਰ-ਅਦਬ ਵਿਚ (ਰਹਿ ਕੇ) ।੧।ਰਹਾਉ।

ਮਨਿ—ਮਨ ਵਿਚ । ਤਨਿ—ਸਰੀਰ ਦੀ ਰਾਹੀਂ । ਸਾਲਾਹਿ—ਸਲਾਹ ਕੇ, ਸਿਫ਼ਤਿ-ਸਾਲਾਹ ਕਰ ਕੇ । ਲਾਲਿ—ਲਾਲ (ਰੰਗ) ਵਿਚ । ਰਤਾ—ਰੰਗਿਆ ਗਿਆ ।੨।

ਹਉ—ਮੈਂ । ਸਾਰਿ—ਸੰਭਾਲ ਕੇ । ਤੂ ਵਸੈ—'ਤੂ ਹੀ ਤੂ' ਦਾ ਬੋਲ ਵੱਸ ਪਏ । ਸਹਜੇ—ਸਹਿਜ ਵਿਚ, ਅਡੋਲ ਆਤਮਕ ਅਵਸਥਾ ਵਿਚ । ਰਸਿ—(ਨਾਮ-) ਅੰਮ੍ਰਿਤ ਨਾਲ । ਰਸੈ—ਰਸਦਾ ਹੈ, ਭਿੱਜਦਾ ਹੈ, ਰਚਦਾ ਹੈ ।੩।

ਮਨ—ਹੇ ਮਨ! ਆਖਉ—ਮੈਂ ਆਖਾਂ । ਕੇਤੜਾ—ਕਿਤਨਾ ਕੁ? ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਗਾਇ—ਗਾ ਕੇ । ਰੰਗਿ—ਰੰਗ ਵਿਚ । ਰੰਗੇਤੜਾ—ਰੰਗਿਆ ਜਾ ।੪।

ਰਿਦੈ—ਹਿਰਦੇ ਵਿਚ । ਸਮਾਲਿ—ਸਾਂਭ । ਸੰਤਾਪਣਾ—ਕਲੇਸ਼ ਦੇ ਸਕਣਾ ।੫।

ਰੰਗੁ—(ਨਾਮ ਦੀ) ਲਾਲੀ । ਮਰਸੀ—ਆਤਮਕ ਜੀਵਨ ਗਵਾ ਬੈਠੇਗਾ । ਵਿਡਾਣਾ—ਓਪਰਾ, ਨਿਖਸਮਾ । ਭੰਗੁ—ਤੋਟ, ਵਿਛੋੜਾ ।੬।

ਲਾਹਾ—ਲਾਭ । ਆਣਿਆ—ਲਿਆਂਦਾ । ਨਿਰਬਾਣੁ—ਵਾਸਨਾ-ਰਹਿਤ ਪ੍ਰਭੂ ।੭।

ਭਾਵਸੀ—ਚੰਗੀ ਲੱਗੇ, ਪਸੰਦ ਆਵੇ । ਮੈ—ਮੈਨੂੰ, ਮੇਰੇ ਹਿਰਦੇ ਵਿਚ । ਗਾਵਸੀ—ਗਾਵੇਗਾ ।੮।

ਅਰਥ :—ਜੇਹੜਾ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ) ਡਰ ਅਦਬ ਵਿਚ (ਰਹਿ ਕੇ) ਸਦਾ-ਥਿਰ ਪ੍ਰਭੂ ਦਾ ਨਾਮ-ਸੌਦਾ ਵਿਹਾਝਦਾ ਹੈ ਤੇ ਆਪਣਾ ਜੀਵਨ ਸੋਹਣਾ ਬਣਾ ਕੇ (ਇਥੋਂ) ਤੁਰਦਾ ਹੈ ਉਹ (ਪਰਮਾਤਮਾ ਦੀ) ਦਰਗਾਹ ਵਿਚ ਇੱਜ਼ਤ ਹਾਸਲ ਕਰਦਾ ਹੈ ।੧।ਰਹਾਉ।

(ਚੌਰਾਸੀ ਲੱਖ ਜੂਨਾਂ ਵਿਚੋਂ) ਮਨੁੱਖਾ ਜਨਮ ਬੜੀ ਮੁਸ਼ਕਲ ਨਾਲ ਮਿਲਦਾ ਹੈ, ਪਰ ਇਸ ਦੀ ਕਦਰ ਉਹੀ ਮਨੁੱਖ ਜਾਣਦਾ ਹੈ ਜੋ ਗੁਰੂ ਦੀ ਸਰਨ ਪਏ । ਜੇ ਸਤਿਗੁਰੂ ਨੂੰ ਚੰਗਾ ਲੱਗੇ (ਭਾਵ, ਜੇ ਗੁਰੂ ਦੀ ਕਿਰਪਾ ਹੋ ਜਾਏ) ਤਾਂ (ਸਰਨ ਪਏ ਉਸ ਮਨੁੱਖ ਦਾ) ਮਨ ਅਤੇ ਸਰੀਰ (ਪ੍ਰਭੂ ਦੇ ਪ੍ਰੇਮ-ਰੰਗ ਨਾਲ) ਗੂੜ੍ਹਾ ਲਾਲ ਹੋ ਜਾਂਦਾ ਹੈ (ਨਾਮ ਦੀ ਬਰਕਤਿ ਨਾਲ ਉਸ ਨੂੰ ਲਾਲੀ ਚੜ੍ਹੀ ਰਹਿੰਦੀ ਹੈ) ।੧।

ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਹ ਆਪਣੇ ਮਨ ਅਤੇ ਸਰੀਰ ਦੀ ਰਾਹੀਂ ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕੇ ਸਦਾ-ਥਿਰ ਪ੍ਰਭੂ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ । ਪ੍ਰਭੂ-ਨਾਮ ਦੀ ਲਾਲੀ ਵਿਚ ਮਸਤ ਹੋਇਆ ਉਸ ਦਾ ਮਨ ਉਸ ਲਾਲੀ ਵਿਚ ਗਿੱਝ ਜਾਂਦਾ ਹੈ (ਉਸ ਤੋਂ ਬਿਨਾ ਰਹਿ ਨਹੀਂ ਸਕਦਾ) ।੨।

ਹੇ ਪ੍ਰਭੂ! ਜੇ ਤੂੰ ਮੇਰੇ ਮਨ ਵਿਚ ਵੱਸ ਪਏਂ, ਤਾਂ ਮੇਰਾ ਮਨ ਅਡੋਲ ਅਵਸਥਾ ਵਿਚ ਟਿਕ ਕੇ ਤੇਰੇ ਨਾਮ ਦੇ ਸੁਆਦ ਵਿਚ ਭਿੱਜ ਜਾਏ, ਤੇਰੇ ਗੁਣ ਚੇਤੇ ਕਰ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਮੌਲ ਪਏ, ਮੇਰੇ ਅੰਦਰ "ਤੂ ਹੀ ਤੂ" ਦੀ ਧੁਨ ਲੱਗ ਪਏ ।੩।

ਹੇ ਮੇਰੇ ਮੂਰਖ ਮਨ! ਮੈਂ ਤੈਨੂੰ ਕਿਤਨਾ ਕੁ ਸਮਝਾ ਸਮਝਾ ਕੇ ਦੱਸਾਂ ਕਿ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ, ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਜਾ (ਤੇ ਇਸ ਤਰ੍ਹਾਂ ਆਪਣਾ ਜਨਮ ਮਰਨ ਸੋਹਣਾ ਬਣਾ ਲੈ) ।੪।

ਹੇ ਭਾਈ! ਆਪਣੇ ਪ੍ਰੀਤਮ ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਕੇ ਰੱਖ । ਜੇ ਤੂੰ (ਪ੍ਰਭੂ ਦੀ ਭਗਤੀ ਵਾਲੇ ਚੰਗੇ) ਗੁਣ ਨਾਲ ਲੈ ਕੇ (ਜੀਵਨ ਸਫ਼ਰ ਵਿਚ) ਤੁਰੇਂ ਤਾਂ ਕੋਈ ਦੁੱਖ ਕਲੇਸ਼ ਤੈਨੂੰ ਪੋਹ ਨਹੀਂ ਸਕੇਗਾ ।੫।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਮਨ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਉਸ ਨੂੰ ਪਰਮਾਤਮਾ ਦੇ ਨਾਮ ਦੀ ਲਾਲੀ ਨਹੀਂ ਚੜ੍ਹਦੀ । ਉਹ ਨਿਖਸਮਾ ਹੋ ਕੇ ਆਤਮਕ ਮੌਤ ਸਹੇੜਦਾ ਹੈ, ਉਸ ਦੇ ਮਨ ਵਿਚ ਉਸ ਦੇ ਸਰੀਰ ਵਿਚ (ਪਰਮਾਤਮਾ ਨਾਲੋਂ) ਵਿਛੋੜਾ ਬਣਿਆ ਰਹਿੰਦਾ ਹੈ ।੬।

ਜਿਸ ਮਨੁੱਖ ਨੇ ਗੁਰੂ ਦੀ ਦੱਸੀ ਕਾਰ (ਭਗਤੀ) ਕਰ ਕੇ (ਭਗਤੀ ਦਾ) ਲਾਭ ਆਪਣੇ ਹਿਰਦੇ-ਘਰ ਵਿਚ ਲੈ ਆਂਦਾ ਉਸ ਨੇ ਗੁਰੂ ਦੀ ਬਾਣੀ ਦੀ ਬਰਕਤਿ ਨਾਲ ਗੁਰੂ ਦੇ ਸ਼ਬਦ ਵਿਚ ਜੁੜ ਕੇ ਵਾਸਨਾ-ਰਹਿਤ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ।੭।

ਹੇ ਪ੍ਰਭੂ! ਮੇਰੀ ਨਾਨਕ ਦੀ ਅਰਦਾਸ ਭੀ ਇਹੀ ਹੈ ਜੇ ਤੈਨੂੰ ਇਹ ਪਸੰਦ ਆ ਜਾਏ ਤਾਂ ਮੇਰੇ ਹਿਰਦੇ ਵਿਚ ਆਪਣੇ ਨਾਮ ਦਾ ਨਿਵਾਸ ਕਰ ਦੇਹ ਤਾ ਕਿ ਮੈਂ ਤੇਰੇ ਗੁਣ ਗਾਂਦਾ ਰਹਾਂ ।੮।੧।੩।

ਨੋਟ :—ਇਹ ਅਸਟਪਦੀ 'ਘਰੁ ੧੦' ਦੀ ਹੈ । ਕੁੱਲ ਜੋੜ ੩ ਹੈ ।

ਸੂਹੀ ਮਹਲਾ ੧ ॥ ਜਿਉ ਆਰਣਿ ਲੋਹਾ ਪਾਇ ਭੰਨਿ ਘੜਾਈਐ ॥ ਤਿਉ ਸਾਕਤੁ ਜੋਨੀ ਪਾਇ ਭਵੈ ਭਵਾਈਐ ॥੧ ॥ ਬਿਨੁ ਬੂਝੇ ਸਭੁ ਦੁਖੁ ਦੁਖੁ ਕਮਾਵਣਾ ॥ ਹਉਮੈ ਆਵੈ ਜਾਇ ਭਰਮਿ ਭੁਲਾਵਣਾ ॥੧॥ ਰਹਾਉ ॥ ਤੂੰ ਗੁਰਮੁਖਿ ਰਖਣਹਾਰੁ ਹਰਿ ਨਾਮੁ ਧਿਆਈਐ ॥ ਮੇਲਹਿ ਤੁਝਹਿ ਰਜਾਇ ਸਬਦੁ ਕਮਾਈਐ ॥੨॥ ਤੂੰ ਕਰਿ ਕਰਿ ਵੇਖਹਿ ਆਪਿ ਦੇਹਿ ਸੁ ਪਾਈਐ ॥ ਤੂ ਦੇਖਹਿ ਥਾਪਿ ਉਥਾਪਿ ਦਰਿ ਬੀਨਾਈਐ ॥੩॥ ਦੇਹੀ ਹੋਵਗਿ ਖਾਕੁ ਪਵਣੁ ਉਡਾਈਐ ॥ ਇਹੁ ਕਿਥੈ ਘਰੁ ਅਉਤਾਕੁ ਮਹਲੁ ਨ ਪਾਈਐ ॥੪॥ ਦਿਹੁ ਦੀਵੀ ਅੰਧ ਘੋਰੁ ਘਬੁ ਮੁਹਾਈਐ ॥ ਗਰਬਿ ਮੁਸੈ ਘਰੁ ਚੋਰੁ ਕਿਸੁ ਰੂਆਈਐ ॥੫॥ ਗੁਰਮੁਖਿ ਚੋਰੁ ਨ ਲਾਗਿ ਹਰਿ ਨਾਮਿ ਜਗਾਈਐ ॥ ਸਬਦਿ ਨਿਵਾਰੀ ਆਗਿ ਜੋਤਿ ਦੀਪਾਈਐ ॥੬॥ ਲਾਲੁ ਰਤਨੁ ਹਰਿ ਨਾਮੁ ਗੁਰਿ ਸੁਰਤਿ ਬੁਝਾਈਐ ॥ ਸਦਾ ਰਹੈ ਨਿਹਕਾਮੁ ਜੇ ਗੁਰਮਤਿ ਪਾਈਐ ॥੭॥ ਰਾਤਿ ਦਿਹੈ ਹਰਿ ਨਾਉ ਮੰਨਿ ਵਸਾਈਐ ॥ ਨਾਨਕ ਮੇਲਿ ਮਿਲਾਇ ਜੇ ਤੁਧੁ ਭਾਈਐ ॥੮॥੨॥੪॥ {ਪੰਨਾ ੭੫੨}

ਪਦ ਅਰਥ :—ਆਰਣਿ—ਭੱਠੀ ਵਿਚ । ਭੰਨਿ—ਭੰਨ ਕੇ, ਗਾਲ ਕੇ । ਸਾਕਤੁ—ਰੱਬ ਨਾਲੋਂ ਟੁੱਟਾ ਹੋਇਆ ਮਨੁੱਖ, ਮਾਇਆ-ਵੇੜ੍ਹਿਆ ਜੀਵ । ਭਵੈ—ਭਟਕਦਾ ਹੈ, ਭੌਂਦਾ ਹੈ । ਭਵਾਈਐ—(ਜੂਨਾਂ ਵਿਚ) ਪਾਇਆ ਜਾਂਦਾ ਹੈ ।੧।

ਆਵੈ ਜਾਇ—ਜੰਮਦਾ ਮਰਦਾ ਹੈ ।੧।ਰਹਾਉ।

ਗੁਰਮੁਖਿ—ਗੁਰੂ ਦੀ ਸਰਨ ਪਿਆ ਮਨੁੱਖ । ਮੇਲਹਿ—(ਹੇ ਪ੍ਰਭੂ!) ਤੂੰ (ਗੁਰੂ) ਮਿਲਾਂਦਾ ਹੈਂ ।੨।

ਦੇਹਿ—ਜੋ ਤੂੰ ਦੇਂਦਾ ਹੈਂ । ਥਾਪਿ—ਰਚ ਕੇ । ਉਥਾਪਿ—ਨਾਸ ਕਰ ਕੇ । ਦਰਿ—ਅੰਦਰ, ਵਿਚ । ਬੀਨਾਈਐ—ਬੀਨਾਈ, ਨਿਗਾਹ, ਨਜ਼ਰ ।੩।

ਹੋਵਗਿ—ਹੋ ਜਾਇਗੀ । ਪਵਣੁ—ਸੁਆਸ । ਅਉਤਾਕੁ—ਬੈਠਕ ।੪।

ਦਿਹੁ ਦੀਵੀ—ਦਿਨ ਦੀਵੀਂ, ਚਿੱਟਾ ਦਿਨ ਹੁੰਦਿਆਂ ਭੀ । ਅੰਧ ਘੋਰੁ—ਘੁੱਪ ਹਨੇਰਾ । ਘਬੁ—ਘਰ ਦਾ ਮਾਲ । ਮੁਹਾਈਐ—ਲੁੱਟਿਆ ਜਾਂਦਾ ਹੈ । ਗਰਬਿ—ਅਹੰਕਾਰ ਵਿਚ । ਮੁਸੈ—ਚੁਰਾਂਦਾ ਹੈ । ਰੂਆਈਐ—ਸ਼ਿਕਾਇਤ ਕੀਤੀ ਜਾਏ ।੫।

ਨ ਲਾਗਿ—ਨਹੀਂ ਲੱਗ ਸਕਦਾ । ਨਾਮਿ—ਨਾਮ ਦੀ ਰਾਹੀਂ । ਆਗਿ—ਤ੍ਰਿਸ਼ਨਾ-ਅੱਗ । ਦੀਪਾਈਐ—ਜਗਦੀ ਹੈ, ਚਮਕਦੀ ਹੈ ।੬।

ਗੁਰਿ—ਗੁਰੂ ਨੇ । ਨਿਹਕਾਮੁ—ਵਾਸਨਾ-ਰਹਿਤ ।੭।

ਦਿਹੈ—ਦਿਨੇ । ਮੰਨਿ—ਮਨਿ, ਮਨ ਵਿਚ ।੮।

ਅਰਥ :—(ਸਹੀ ਜੀਵਨ-ਜਾਚ) ਸਮਝਣ ਤੋਂ ਬਿਨਾ ਮਨੁੱਖ (ਜੇਹੜਾ ਭੀ) ਕਰਮ ਕਰਦਾ ਹੈ ਦੁੱਖ (ਪੈਦਾ ਕਰਨ ਵਾਲਾ ਕਰਦਾ ਹੈ) ਦੁੱਖ ਹੀ ਦੁੱਖ (ਸਹੇੜਦਾ ਹੈ) । ਹਉਮੈ ਦੇ ਕਾਰਨ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ ।੧।ਰਹਾਉ।

ਜਿਵੇਂ ਭੱਠੀ ਵਿਚ ਲੋਹਾ ਪਾ ਕੇ (ਤੇ) ਗਾਲ ਕੇ (ਨਵੇਂ ਸਿਰੇ) ਘੜਿਆ ਜਾਂਦਾ ਹੈ (ਲੋਹੇ ਤੋਂ ਕੰਮ ਆਉਣ ਵਾਲੀਆਂ ਚੀਜ਼ਾਂ ਬਣਾਈਆਂ ਜਾਂਦੀਆਂ ਹਨ) ਤਿਵੇਂ ਮਾਇਆ-ਵੇੜ੍ਹਿਆ ਜੀਵ ਜੂਨਾਂ ਵਿਚ ਪਾਇਆ ਜਾਂਦਾ ਹੈ, ਜਨਮ ਮਰਨ ਦੇ ਗੇੜ ਵਿਚ ਪਾਇਆ ਹੋਇਆ ਗੇੜ ਵਿਚ ਚੱਕਰ ਲਾਂਦਾ ਹੈ (ਤੇ ਆਖ਼ਿਰ ਗੁਰੂ ਦੀ ਮੇਹਰ ਨਾਲ ਸੁਮਤਿ ਸਿੱਖਦਾ ਹੈ) ।੧।

ਹੇ ਪ੍ਰਭੂ! (ਭਟਕ ਭਟਕ ਕੇ ਆਖ਼ਿਰ) ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤੂੰ ਉਸ ਨੂੰ (ਚੌਰਾਸੀ ਦੇ ਗੇੜ ਤੋਂ) ਬਚਾਂਦਾ ਹੈਂ; ਉਹ, ਹੇ ਪ੍ਰਭੂ! ਤੇਰਾ ਨਾਮ ਸਿਮਰਦਾ ਹੈ । ਗੁਰੂ (ਭੀ) ਤੂੰ ਆਪਣੀ ਰਜ਼ਾ ਅਨੁਸਾਰ ਹੀ ਮਿਲਾਂਦਾ ਹੈਂ (ਜਿਸ ਨੂੰ ਮਿਲਦਾ ਹੈ) ਉਹ ਗੁਰੂ ਦੇ ਸ਼ਬਦ ਨੂੰ ਕਮਾਂਦਾ ਹੈ (ਗੁਰ-ਸ਼ਬਦ ਅਨੁਸਾਰ ਆਚਰਨ ਬਣਾਂਦਾ ਹੈ) ।੨।

ਹੇ ਪ੍ਰਭੂ! ਜੀਵ ਪੈਦਾ ਕਰ ਕੇ ਇਹਨਾਂ ਦੀ ਸੰਭਾਲ ਭੀ ਤੂੰ ਆਪ ਹੀ ਕਰਦਾ ਹੈਂ । ਜੋ ਕੁਝ ਤੂੰ ਦੇਂਦਾ ਹੈਂ ਉਹੀ ਜੀਵਾਂ ਨੂੰ ਮਿਲਦਾ ਹੈ ਤੂੰ ਆਪ ਪੈਦਾ ਕਰਦਾ ਹੈਂ ਆਪ ਨਾਸ ਕਰਦਾ ਹੈਂ, ਸਭ ਦੀ ਤੂੰ ਆਪਣੀ ਨਿਗਰਾਨੀ ਵਿਚ ਸੰਭਾਲ ਕਰਦਾ ਹੈਂ ।੩।

ਜਦੋਂ (ਸਰੀਰ ਵਿਚੋਂ) ਸੁਆਸ ਨਿਕਲ ਜਾਂਦਾ ਹੈ ਤਾਂ ਸਰੀਰ ਮਿੱਟੀ ਹੋ ਜਾਂਦਾ ਹੈ (ਜਿਨ੍ਹਾਂ ਮਹਲ ਮਾੜੀਆਂ ਦਾ ਮਨੁੱਖ ਮਾਣ ਕਰਦਾ ਹੈ) ਫਿਰ ਨਾਹ ਇਹ ਘਰ ਇਸ ਨੂੰ ਮਿਲਦਾ ਹੈ ਨਾਹ ਬੈਠਕ ਮਿਲਦੀ ਹੈ ਤੇ ਨਾਹ ਇਹ ਮਹਲ ਮਿਲਦਾ ਹੈ ।੪।

(ਸਹੀ ਜੀਵਨ-ਜਾਚ ਸਮਝਣ ਤੋਂ ਬਿਨਾ) ਜੀਵ ਆਪਣਾ ਘਰ ਦਾ ਮਾਲ (ਆਤਮਕ ਸਰਮਾਇਆ) ਲੁਟਾਈ ਜਾਂਦਾ ਹੈ, ਚਿੱਟਾ ਦਿਨ ਹੁੰਦਿਆਂ (ਇਸ ਦੇ ਭਾ ਦਾ) ਘੁੱਪ ਹਨੇਰਾ ਬਣਿਆ ਰਹਿੰਦਾ ਹੈ । ਅਹੰਕਾਰ ਵਿਚ (ਗ਼ਾਫ਼ਲ ਰਹਿਣ ਕਰਕੇ ਮੋਹ-ਰੂਪ) ਚੋਰ ਇਸ ਦੇ ਘਰ (ਆਤਮਕ ਸਰਮਾਏ) ਨੂੰ ਲੁੱਟਦਾ ਜਾਂਦਾ ਹੈ । (ਸਮਝ ਹੀ ਨਹੀਂ) ਕਿਸ ਪਾਸ ਸ਼ਿਕਾਇਤ ਕਰੇ? ।੫।

ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ (ਦੇ ਸਰਮਾਏ) ਨੂੰ ਚੋਰ ਨਹੀਂ ਪੈਂਦਾ, ਗੁਰੂ ਉਸ ਨੂੰ ਪਰਮਾਤਮਾ ਦੇ ਨਾਮ ਦੀ ਰਾਹੀਂ (ਆਤਮਕ ਸਰਮਾਏ ਦੇ ਚੋਰ ਵਲੋਂ) ਸੁਚੇਤ ਰੱਖਦਾ ਹੈ । ਗੁਰੂ ਆਪਣੇ ਸ਼ਬਦ ਨਾਲ (ਉਸ ਦੇ ਅੰਦਰੋਂ ਤ੍ਰਿਸ਼ਨਾ-) ਅੱਗ ਬੁਝਾ ਦੇਂਦਾ ਹੈ, ਤੇ ਰੱਬੀ ਜੋਤਿ ਜਗਾ ਦੇਂਦਾ ਹੈ ।੬।

ਪਰਮਾਤਮਾ ਦਾ ਨਾਮ (ਹੀ) ਲਾਲ ਹੈ ਰਤਨ ਹੈ (ਸਰਨ ਪਏ ਸਿੱਖ ਨੂੰ) ਗੁਰੂ ਨੇ ਇਹ ਸੂਝ ਦੇ ਦਿੱਤੀ ਹੁੰਦੀ ਹੈ (ਇਸ ਵਾਸਤੇ ਉਸ ਨੂੰ ਤ੍ਰਿਸ਼ਨਾ-ਅੱਗ ਨਹੀਂ ਪੋਂਹਦੀ) । ਜੇ ਮਨੁੱਖ ਗੁਰੂ ਦੀ ਸਿਖਿਆ ਪ੍ਰਾਪਤ ਕਰ ਲਏ ਤਾਂ ਉਹ ਸਦਾ (ਮਾਇਆ ਦੀ) ਵਾਸਨਾ ਤੋਂ ਬਚਿਆ ਰਹਿੰਦਾ ਹੈ ।੭।

ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ—ਹੇ ਪ੍ਰਭੂ!) ਜੇ ਤੈਨੂੰ ਭਾਵੇ (ਤਾਂ ਮੇਹਰ ਕਰ, ਤੇ) ਆਪਣੀ ਸੰਗਤਿ ਵਿਚ ਮਿਲਾ, ਤਾ ਕਿ ਰਾਤ ਦਿਨ (ਹਰ ਵੇਲੇ) ਹੇ ਹਰੀ! ਤੇਰਾ ਨਾਮ ਮਨ ਵਿਚ ਵਸਾਇਆ ਜਾ ਸਕੇ ।੮।੨।੪।

ਨੋਟ :—'ਘਰੁ ੧੦' ਦੀ ਇਹ ਦੂਜੀ ਅਸਟਪਦੀ ਹੈ ।

ਸੂਹੀ ਮਹਲਾ ੧ ॥ ਮਨਹੁ ਨ ਨਾਮੁ ਵਿਸਾਰਿ ਅਹਿਨਿਸਿ ਧਿਆਈਐ ॥ ਜਿਉ ਰਾਖਹਿ ਕਿਰਪਾ ਧਾਰਿ ਤਿਵੈ ਸੁਖੁ ਪਾਈਐ ॥੧॥ ਮੈ ਅੰਧੁਲੇ ਹਰਿ ਨਾਮੁ ਲਕੁਟੀ ਟੋਹਣੀ ॥ ਰਹਉ ਸਾਹਿਬ ਕੀ ਟੇਕ ਨ ਮੋਹੈ ਮੋਹਣੀ ॥੧॥ ਰਹਾਉ ॥ ਜਹ ਦੇਖਉ ਤਹ ਨਾਲਿ ਗੁਰਿ ਦੇਖਾਲਿਆ ॥ ਅੰਤਰਿ ਬਾਹਰਿ ਭਾਲਿ ਸਬਦਿ ਨਿਹਾਲਿਆ ॥੨॥ ਸੇਵੀ ਸਤਿਗੁਰ ਭਾਇ ਨਾਮੁ ਨਿਰੰਜਨਾ ॥ ਤੁਧੁ ਭਾਵੈ ਤਿਵੈ ਰਜਾਇ ਭਰਮੁ ਭਉ ਭੰਜਨਾ ॥੩॥ ਜਨਮਤ ਹੀ ਦੁਖੁ ਲਾਗੈ ਮਰਣਾ ਆਇ ਕੈ ॥ ਜਨਮੁ ਮਰਣੁ ਪਰਵਾਣੁ ਹਰਿ ਗੁਣ ਗਾਇ ਕੈ ॥੪॥ ਹਉ ਨਾਹੀ ਤੂ ਹੋਵਹਿ ਤੁਧ ਹੀ ਸਾਜਿਆ ॥ ਆਪੇ ਥਾਪਿ ਉਥਾਪਿ ਸਬਦਿ ਨਿਵਾਜਿਆ ॥੫॥ ਦੇਹੀ ਭਸਮ ਰੁਲਾਇ ਨ ਜਾਪੀ ਕਹ ਗਇਆ ॥ ਆਪੇ ਰਹਿਆ ਸਮਾਇ ਸੋ ਵਿਸਮਾਦੁ ਭਇਆ ॥੬॥ ਤੂੰ ਨਾਹੀ ਪ੍ਰਭ ਦੂਰਿ ਜਾਣਹਿ ਸਭ ਤੂ ਹੈ ॥ ਗੁਰਮੁਖਿ ਵੇਖਿ ਹਦੂਰਿ ਅੰਤਰਿ ਭੀ ਤੂ ਹੈ ॥੭॥ ਮੈ ਦੀਜੈ ਨਾਮ ਨਿਵਾਸੁ ਅੰਤਰਿ ਸਾਂਤਿ ਹੋਇ ॥ ਗੁਣ ਗਾਵੈ ਨਾਨਕ ਦਾਸੁ ਸਤਿਗੁਰੁ ਮਤਿ ਦੇਇ ॥੮॥੩॥੫॥ {ਪੰਨਾ ੭੫੨-੭੫੩}

ਪਦ ਅਰਥ :—ਮਨਹੁ—ਮਨ ਤੋਂ । ਅਹਿ—ਦਿਨ । ਨਿਸਿ—ਰਾਤ । ਰਾਖਹਿ—(ਹੇ ਪ੍ਰਭੂ!) ਤੂੰ ਰੱਖੇਂ । ਧਾਰਿ—ਧਾਰ ਕੇ, ਕਰ ਕੇ ।੧।

ਲਕੁਟੀ—ਛੋਟੀ ਲੱਕੜੀ, ਡੰਗੋਰੀ, ਸੋਟੀ । ਟੋਹਣੀ—ਆਸਰਾ ਦੇਣ ਵਾਲੀ ਡੰਗੋਰੀ (ਜਿਸ ਨਾਲ ਟੋਹ ਟੋਹ ਕੇ ਰਸਤਾ ਲੱਭਿਆ ਜਾ ਸਕੇ) । ਰਹਉ—ਮੈਂ ਰਹਿੰਦਾ ਹਾਂ । ਟੇਕ—ਆਸਰਾ । ਮੋਹਣੀ—ਮੋਹ ਲੈਣ ਵਾਲੀ ।੧।ਰਹਾਉ।

ਜਹ—ਜਿਧਰ, ਜਿਥੇ । ਦੇਖਉ—ਮੈਂ ਵੇਖਦਾ ਹਾਂ । ਗੁਰਿ—ਗੁਰੂ ਨੇ । ਭਾਲਿ—ਢੂੰਢ ਕੇ । ਸਬਦਿ—(ਗੁਰੂ ਦੇ) ਸ਼ਬਦ ਦੀ ਰਾਹੀਂ । ਨਿਹਾਲਿਆ—ਵੇਖ ਲਿਆ ਹੈ ।੨।

ਸੇਵੀ—ਮੈਂ ਸੇਵਾ ਕਰਾਂ, ਮੈਂ ਸਿਮਰਾਂ । ਸਤਿਗੁਰ ਭਾਇ—ਗੁਰੂ ਦੇ ਅਨੁਸਾਰ ਰਹਿ ਕੇ । ਭੰਜਨਾ—ਨਾਸ ਕਰਨ ਵਾਲਾ ।੩।

ਜਨਮਤ ਹੀ—ਜੰਮਦਿਆਂ ਹੀ । ਮਰਣਾ—ਆਤਮਕ ਮੌਤ । ਆਇ ਕੈ—(ਜਗਤ ਵਿਚ) ਆ ਕੇ । ਜਨਮੁ ਮਰਣੁ—ਜਨਮ ਤੋਂ ਮਰਨ ਤਕ (ਸਾਰੀ ਉਮਰ) ।੪।

ਹਉ—ਮੈਂ । ਤੁਧ ਹੀ—ਤੂੰ ਹੀ । ਥਾਪਿ—ਪੈਦਾ ਕਰ ਕੇ । ਉਥਾਪਿ—ਉਥਾਪੇ, ਨਾਸ ਕਰਦਾ ਹੈ । ਨਿਵਾਜਿਆ—ਆਦਰ-ਮਾਣ ਦਿੱਤਾ ।੫।

ਦੇਹੀ—ਸਰੀਰ । ਭਸਮ—ਸੁਆਹ, ਮਿੱਟੀ । ਰੁਲਾਇ—ਰੁਲਾ ਕੇ, ਮਿਲਾ ਕੇ । ਕਹ—ਕਿਥੇ? ਵਿਸਮਾਦੁ—ਹੈਰਾਨੀ, ਅਸਚਰਜਤਾ ।੬।

ਹਦੂਰਿ—ਅੰਗ-ਸੰਗ, (ਹਰ ਥਾਂ) ਹਾਜ਼ਰ ।੭।

ਮੈ—ਮੈਨੂੰ, ਮੇਰੇ ਹਿਰਦੇ ਵਿਚ । ਦੇਇ—ਦੇਂਦਾ ਹੈ ।੮।

ਅਰਥ :—ਮੈਨੂੰ (ਮਾਇਆ ਦੇ ਮੋਹ ਵਿਚ) ਅੰਨ੍ਹੇ ਨੂੰ ਪਰਮਾਤਮਾ ਦਾ ਨਾਮ ਡੰਗੋਰੀ (ਦਾ ਕੰਮ ਦੇਂਦਾ) ਹੈ, (ਮੇਰੇ ਲਈ) ਟੋਹਣੀ ਹੈ (ਜਿਸ ਨਾਲ ਟੋਹ ਟੋਹ ਕੇ ਮੈਂ ਜੀਵਨ ਦਾ ਸਹੀ ਰਸਤਾ ਲੱਭਦਾ ਹਾਂ) । (ਜਦੋਂ) ਮੈਂ ਮਾਲਕ-ਪ੍ਰਭੂ ਦੇ ਆਸਰੇ ਰਹਿੰਦਾ ਹਾਂ ਤਾਂ ਮਨ ਨੂੰ ਮੋਹਣ ਵਾਲੀ ਮਾਇਆ ਮੋਹ ਨਹੀਂ ਸਕਦੀ ।੧।ਰਹਾਉ।

(ਹੇ ਜਿੰਦੇ!) ਪਰਮਾਤਮਾ ਦੇ ਨਾਮ ਨੂੰ ਮਨ ਤੋਂ ਨਾਹ ਭੁਲਾ । ਦਿਨ ਰਾਤ—ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ । ਹੇ ਪ੍ਰਭੂ! ਜਿਵੇਂ ਮੇਹਰ ਕਰ ਕੇ ਤੂੰ ਮੈਨੂੰ (ਮਾਇਆ ਦੇ ਮੋਹ ਤੋਂ) ਬਚਾਏਂ, ਤਿਵੇਂ ਮੈਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ।੧।

(ਹੇ ਪ੍ਰਭੂ!) ਜਿਧਰ ਮੈਂ ਵੇਖਦਾ ਹਾਂ ਉਧਰ ਹੀ ਗੁਰੂ ਨੇ ਮੈਨੂੰ ਵਿਖਾ ਦਿੱਤਾ ਹੈ ਕਿ ਤੂੰ ਮੇਰੇ ਨਾਲ ਹੀ ਹੈਂ । ਬਾਹਰ ਲੱਭ ਲੱਭ ਕੇ ਹੁਣ ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਤੈਨੂੰ ਆਪਣੇ ਅੰਦਰ ਵੇਖ ਲਿਆ ਹੈ ।੨।

ਹੇ ਮਾਇਆ-ਰਹਿਤ ਪ੍ਰਭੂ! ਗੁਰੂ ਦੇ ਅਨੁਸਾਰ ਰਹਿ ਕੇ ਮੈਂ ਤੇਰਾ ਨਾਮ ਸਿਮਰਦਾ ਹਾਂ । ਹੇ ਭਰਮ ਤੇ ਭਉ ਨਾਸ ਕਰਨ ਵਾਲੇ ਪ੍ਰਭੂ! ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਮੈਂ ਉਸੇ ਨੂੰ ਤੇਰੀ ਰਜ਼ਾ ਸਮਝਦਾ ਹਾਂ ।੩।

(ਜੇ ਪ੍ਰਭੂ ਦਾ ਨਾਮ ਵਿਸਾਰ ਦੇਈਏ ਤਾਂ) ਜੰਮਦਿਆਂ ਹੀ ਜਗਤ ਵਿਚ ਆਉਂਦਿਆਂ ਹੀ ਆਤਮਕ ਮੌਤ ਦਾ ਦੁੱਖ ਆ ਵਾਪਰਦਾ ਹੈ । ਪਰਮਾਤਮਾ ਦੇ ਗੁਣ ਗਾ ਕੇ ਸਾਰਾ ਹੀ ਜੀਵਨ ਸਫਲਾ ਹੋ ਜਾਂਦਾ ਹੈ ।੪।

ਹੇ ਪ੍ਰਭੂ! ਤੂੰ ਹੀ (ਸਾਰਾ ਜਗਤ) ਪੈਦਾ ਕੀਤਾ ਹੈ, ਤੂੰ ਆਪ ਹੀ ਪੈਦਾ ਕਰਦਾ ਹੈਂ ਆਪ ਹੀ ਨਾਸ ਕਰਦਾ ਹੈਂ । ਜਿਸ ਜੀਵ ਨੂੰ ਤੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਨਿਵਾਜਦਾ ਹੈਂ ਜਿਸ ਦੇ ਅੰਦਰ ਤੂੰ (ਪਰਗਟ) ਹੁੰਦਾ ਹੈਂ ਉਸ ਦੇ ਅੰਦਰ 'ਹਉਮੈ' ਨਹੀਂ ਰਹਿ ਜਾਂਦੀ ।੫।

ਜੀਵਾਤਮਾ (ਆਪਣੇ ਸਰੀਰ ਨੂੰ ਛੱਡ ਕੇ) ਸਰੀਰ ਨੂੰ ਮਿੱਟੀ ਵਿਚ ਰੁਲਾ ਕੇ, ਪਤਾ ਨਹੀਂ ਲੱਗਦਾ, ਕਿੱਥੇ ਚਲਾ ਜਾਂਦਾ ਹੈ । ਅਚਰਜ ਕੌਤਕ ਵਰਤਦਾ ਹੈ । (ਪਰ ਹੇ ਪ੍ਰਭੂ!) ਤੂੰ ਆਪ ਹੀ ਹਰ ਥਾਂ ਮੌਜੂਦ ਹੈਂ ।੬।

ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ ਜਾਣਦੇ ਹਨ ਕਿ ਹੇ ਪ੍ਰਭੂ! ਤੂੰ (ਕਿਸੇ ਭੀ ਥਾਂ ਤੋਂ) ਦੂਰ ਨਹੀਂ ਹੈਂ, ਹਰ ਥਾਂ ਤੂੰ ਹੀ ਤੂੰ ਹੈਂ, ਅੰਦਰ ਭੀ ਤੂੰ ਹੈਂ (ਬਾਹਰ ਭੀ ਤੂੰ ਹੈਂ) ਤੈਨੂੰ ਉਹ ਹਰ ਥਾਂ ਹਾਜ਼ਰ-ਨਾਜ਼ਰ ਵੇਖਦੇ ਹਨ ।੭।

ਹੇ ਨਾਨਕ! (ਅਰਦਾਸ ਕਰ—ਹੇ ਪ੍ਰਭੂ!) ਮੇਰੇ ਅੰਦਰ ਆਪਣੇ ਨਾਮ ਦਾ ਨਿਵਾਸ ਬਖ਼ਸ਼, ਤਾ ਕਿ ਮੇਰੇ ਅੰਦਰ ਸ਼ਾਂਤੀ ਪੈਦਾ ਹੋਵੇ । (ਤੇਰੀ ਮੇਹਰ ਨਾਲ) ਜਿਸ ਨੂੰ ਸਤਿਗੁਰੂ ਸਿੱਖਿਆ ਦੇਂਦਾ ਹੈ, ਉਹ ਦਾਸ (ਤੇਰੇ) ਗੁਣ ਗਾਂਦਾ ਹੈ ।੮।੩।੫।

ਨੋਟ :—'ਘਰੁ ੧੦' ਦੀਆਂ ੩ ਅਸਟਪਦੀਆਂ । ਕੁੱਲ ਜੋੜ ਸੂਹੀ ਵਿਚ ੫ ।

ਰਾਗੁ ਸੂਹੀ ਮਹਲਾ ੩ ਘਰੁ ੧ ਅਸਟਪਦੀਆ
ੴ ਸਤਿਗੁਰ ਪ੍ਰਸਾਦਿ ॥ ਨਾਮੈ ਹੀ ਤੇ ਸਭੁ ਕਿਛੁ ਹੋਆ ਬਿਨੁ ਸਤਿਗੁਰ ਨਾਮੁ ਨ ਜਾਪੈ ॥ ਗੁਰ ਕਾ ਸਬਦੁ ਮਹਾ ਰਸੁ ਮੀਠਾ ਬਿਨੁ ਚਾਖੇ ਸਾਦੁ ਨ ਜਾਪੈ ॥ ਕਉਡੀ ਬਦਲੈ ਜਨਮੁ ਗਵਾਇਆ ਚੀਨਸਿ ਨਾਹੀ ਆਪੈ ॥ ਗੁਰਮੁਖਿ ਹੋਵੈ ਤਾ ਏਕੋ ਜਾਣੈ ਹਉਮੈ ਦੁਖੁ ਨ ਸੰਤਾਪੈ ॥੧॥ ਬਲਿਹਾਰੀ ਗੁਰ ਅਪਣੇ ਵਿਟਹੁ ਜਿਨਿ ਸਾਚੇ ਸਿਉ ਲਿਵ ਲਾਈ ॥ ਸਬਦੁ ਚੀਨ੍ਹਿ ਆਤਮੁ ਪਰਗਾਸਿਆ ਸਹਜੇ ਰਹਿਆ ਸਮਾਈ ॥੧॥ ਰਹਾਉ ॥ ਗੁਰਮੁਖਿ ਗਾਵੈ ਗੁਰਮੁਖਿ ਬੂਝੈ ਗੁਰਮੁਖਿ ਸਬਦੁ ਬੀਚਾਰੇ ॥ ਜੀਉ ਪਿੰਡੁ ਸਭੁ ਗੁਰ ਤੇ ਉਪਜੈ ਗੁਰਮੁਖਿ ਕਾਰਜ ਸਵਾਰੇ ॥ ਮਨਮੁਖਿ ਅੰਧਾ ਅੰਧੁ ਕਮਾਵੈ ਬਿਖੁ ਖਟੇ ਸੰਸਾਰੇ ॥ ਮਾਇਆ ਮੋਹਿ ਸਦਾ ਦੁਖੁ ਪਾਏ ਬਿਨੁ ਗੁਰ ਅਤਿ ਪਿਆਰੇ ॥੨॥ {ਪੰਨਾ ੭੫੩}

ਪਦ ਅਰਥ :—ਨਾਮੈ ਹੀ ਤੇ—ਪਰਮਾਤਮਾ ਦੇ ਨਾਮ ਤੇ ਹੀ । ਨ ਜਾਪੈ—ਕਦਰ ਨਹੀਂ ਪੈਂਦੀ, ਸਮਝ ਨਹੀਂ ਆਉਂਦੀ । ਮਹਾ ਰਸੁ—ਵੱਡੇ ਰਸ ਵਾਲਾ । ਸਾਦੁ—ਸੁਆਦ । ਚੀਨ੍ਹਸਿ—ਪਛਾਣਦਾ । ਆਪੈ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਗੁਰਮੁਖਿ—ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ । ਜਾਣੈ—ਸਾਂਝ ਪਾਂਦਾ ਹੈ । ਸੰਤਾਪੈ—ਦੁੱਖ ਦੇਂਦਾ ।੧।

ਵਿਟਹੁ—ਤੋਂ । ਜਿਨਿ—ਜਿਸ (ਗੁਰੂ) ਨੇ । ਸਿਉ—ਨਾਲ । ਲਿਵ—ਲਗਨ, ਪ੍ਰੀਤਿ । ਚੀਨ੍ਹਿ—ਪਛਾਣ ਕੇ । ਆਤਮੁ—ਆਪਣਾ ਆਪਾ । ਪਰਗਾਸਿਆ—ਰੌਸ਼ਨ ਹੋ ਜਾਂਦਾ ਹੈ, ਚਮਕ ਪੈਂਦਾ ਹੈ । ਸਹਜੇ—ਆਤਮਕ ਅਡੋਲਤਾ ਵਿਚ ।੧।ਰਹਾਉ।

ਜੀਉ—ਜਿੰਦ । ਪਿੰਡੁ—ਸਰੀਰ । ਤੇ—ਤੋਂ । ਉਪਜੈ—ਪੈਦਾ ਹੁੰਦਾ ਹੈ, ਆਤਮਕ ਜਨਮ ਲੈਂਦਾ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਬਿਖੁ—ਜ਼ਹਿਰ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲਾ ਜ਼ਹਿਰ । ਮੋਹਿ—ਮੋਹ ਵਿਚ ।੨।

ਅਰਥ :—ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ (ਸਰਨ ਆਏ ਮਨੁੱਖ ਦੀ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਪ੍ਰੀਤਿ ਜੋੜ ਦਿੱਤੀ (ਭਾਵ, ਜੋੜ ਦੇਂਦਾ ਹੈ) । ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਆਤਮਕ ਜੀਵਨ ਚਮਕ ਪੈਂਦਾ ਹੈ, ਮਨੁੱਖ ਆਤਮਕ ਅਡੋਲਤਾ ਵਿਚ ਲੀਨ

ਰਹਿੰਦਾ ਹੈ ।੧।ਰਹਾਉ।

ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਸਭ ਕੁਝ (ਸਾਰਾ ਰੌਸ਼ਨ ਆਤਮਕ ਜੀਵਨ) ਹੁੰਦਾ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਨਾਮ ਦੀ ਕਦਰ ਨਹੀਂ ਪੈਂਦੀ । ਗੁਰੂ ਦਾ ਸ਼ਬਦ ਵੱਡੇ ਰਸ ਵਾਲਾ ਹੈ ਮਿੱਠਾ ਹੈ, ਜਿਤਨਾ ਚਿਰ ਇਸ ਨੂੰ ਚੱਖਿਆ ਨਾਹ ਜਾਏ, ਸੁਆਦ ਦਾ ਪਤਾ ਨਹੀਂ ਲੱਗ ਸਕਦਾ । ਜੇਹੜਾ ਮਨੁੱਖ (ਗੁਰੂ ਦੇ ਸ਼ਬਦ ਦੀ ਰਾਹੀਂ) ਆਪਣੇ ਆਤਮਕ ਜੀਵਨ ਨੂੰ ਪਛਾਣਦਾ ਨਹੀਂ, ਉਹ ਆਪਣੇ ਮਨੁੱਖਾ ਜਨਮ ਨੂੰ ਕੌਡੀ ਦੇ ਵੱਟੇ (ਵਿਅਰਥ ਹੀ) ਗਵਾ ਲੈਂਦਾ ਹੈ । ਜਦੋਂ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਤਦੋਂ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ, ਤੇ, ਉਸ ਨੂੰ ਹਉਮੈ ਦਾ ਦੁੱਖ ਨਹੀਂ ਸਤਾ ਸਕਦਾ ।੧।

ਹੇ ਭਾਈ! ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਨੂੰ ਗਾਂਦਾ ਰਹਿੰਦਾ ਹੈ, ਗੁਰੂ ਦੇ ਸ਼ਬਦ ਨੂੰ ਸਮਝਦਾ ਹੈ, ਗੁਰੂ ਦੇ ਸ਼ਬਦ ਨੂੰ ਵਿਚਾਰਦਾ ਹੈ । ਉਸ ਮਨੁੱਖ ਦੀ ਜਿੰਦ ਉਸ ਦਾ ਸਰੀਰ ਗੁਰੂ ਦੀ ਬਰਕਤਿ ਨਾਲ ਨਵਾਂ ਆਤਮਕ ਜਨਮ ਲੈਂਦਾ ਹੈ, ਗੁਰੂ ਦੀ ਸਰਨ ਪੈ ਕੇ ਉਹ ਆਪਣੇ ਸਾਰੇ ਕੰਮ ਸਵਾਰ ਲੈਂਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ, ਉਹ ਸਦਾ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਰਹਿੰਦਾ ਹੈ, ਜਗਤ ਵਿਚ ਉਹ ਉਹੀ ਖੱਟੀ ਖੱਟਦਾ ਹੈ ਜੇਹੜੀ ਉਸ ਦੇ ਆਤਮਕ ਜੀਵਨ ਵਾਸਤੇ ਜ਼ਹਿਰ ਬਣ ਜਾਂਦੀ ਹੈ । ਪਿਆਰੇ ਗੁਰੂ ਦੀ ਸਰਨ ਤੋਂ ਬਿਨਾ ਉਹ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਦੁੱਖ ਸਹਾਰਦਾ ਰਹਿੰਦਾ ਹੈ ।੨।

ਸੋਈ ਸੇਵਕੁ ਜੇ ਸਤਿਗੁਰ ਸੇਵੇ ਚਾਲੈ ਸਤਿਗੁਰ ਭਾਏ ॥ ਸਾਚਾ ਸਬਦੁ ਸਿਫਤਿ ਹੈ ਸਾਚੀ ਸਾਚਾ ਮੰਨਿ ਵਸਾਏ ॥ ਸਚੀ ਬਾਣੀ ਗੁਰਮੁਖਿ ਆਖੈ ਹਉਮੈ ਵਿਚਹੁ ਜਾਏ ॥ ਆਪੇ ਦਾਤਾ ਕਰਮੁ ਹੈ ਸਾਚਾ ਸਾਚਾ ਸਬਦੁ ਸੁਣਾਏ ॥੩॥ ਗੁਰਮੁਖਿ ਘਾਲੇ ਗੁਰਮੁਖਿ ਖਟੇ ਗੁਰਮੁਖਿ ਨਾਮੁ ਜਪਾਏ ॥ ਸਦਾ ਅਲਿਪਤੁ ਸਾਚੈ ਰੰਗਿ ਰਾਤਾ ਗੁਰ ਕੈ ਸਹਜਿ ਸੁਭਾਏ ॥ ਮਨਮੁਖੁ ਸਦ ਹੀ ਕੂੜੋ ਬੋਲੈ ਬਿਖੁ ਬੀਜੈ ਬਿਖੁ ਖਾਏ ॥ ਜਮਕਾਲਿ ਬਾਧਾ ਤ੍ਰਿਸਨਾ ਦਾਧਾ ਬਿਨੁ ਗੁਰ ਕਵਣੁ ਛਡਾਏ ॥੪॥ {ਪੰਨਾ ੭੫੩}

ਪਦ ਅਰਥ :—ਸੋਈ—ਉਹੀ ਮਨੁੱਖ । ਸੇਵਕੁ—ਪਰਮਾਤਮਾ ਦਾ ਭਗਤ । ਸਤਿਗੁਰ ਸੇਵੇ—ਗੁਰੂ ਦੀ ਸਰਨ ਪਏ । ਸਤਿਗੁਰ ਭਾਏ—ਸਤਿਗੁਰ ਭਾਇ, ਗੁਰੂ ਦੀ ਰਜ਼ਾ ਵਿਚ । ਸਾਚਾ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਸਾਚੀ—ਸਦਾ ਕਾਇਮ ਰਹਿਣ ਵਾਲੀ । ਸਾਚਾ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ । ਮੰਨਿ—ਮਨਿ, ਮਨ ਵਿਚ । ਗੁਰਮੁਖਿ—ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ । ਆਖੈ—ਉਚਾਰਦਾ ਹੈ । ਜਾਏ—ਦੂਰ ਹੋ ਜਾਂਦੀ ਹੈ । ਆਪੇ—(ਪ੍ਰਭੂ) ਆਪ ਹੀ । ਕਰਮੁ—ਬਖ਼ਸ਼ਸ਼ ।੩।

ਘਾਲੇ—(ਸਿਮਰਨ ਦੀ) ਮੇਹਨਤ ਕਰਦਾ ਹੈ । ਖਟੇ—ਨਾਮ-ਧਨ ਖੱਟਦਾ ਹੈ । ਅਲਿਪਤੁ—ਨਿਰਲੇਪ । ਸਾਚੈ ਰੰਗਿ—ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ । ਰਾਤਾ—ਰੰਗਿਆ ਹੋਇਆ । ਗੁਰ ਕੈ—ਗੁਰੂ ਦੀ ਰਾਹੀਂ, ਗੁਰੂ ਦੇ ਦਰ ਤੇ ਰਹਿ ਕੇ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪ੍ਰੇਮ ਵਿਚ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਕੂੜੋ—ਕੂੜ ਹੀ, ਝੂਠ ਹੀ । ਜਮ ਕਾਲਿ ਬਾਧਾ—ਮੌਤ (ਦੇ ਪੰਜੇ) ਵਿਚ ਬੱਝਾ ਹੋਇਆ, ਆਤਮਕ ਮੌਤ (ਦੀਆਂ ਫਾਹੀਆਂ) ਵਿਚ ਬੱਝਾ ਹੋਇਆ । ਦਾਧਾ—ਸੜਿਆ ਹੋਇਆ ।੪।

ਅਰਥ :—ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਗੁਰੂ ਦੀ ਰਜ਼ਾ ਵਿਚ ਤੁਰਨ ਲੱਗ ਪੈਂਦਾ ਹੈ ਉਹ ਮਨੁੱਖ ਪਰਮਾਤਮਾ ਦਾ ਭਗਤ ਬਣ ਜਾਂਦਾ ਹੈ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ (ਉਸ ਦੇ ਮਨ ਵਿਚ ਟਿਕੀ ਰਹਿੰਦੀ ਹੈ), ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ । ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ) ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ । (ਉਸ ਨੂੰ ਯਕੀਨ ਬਣ ਜਾਂਦਾ ਹੈ ਕਿ) ਪਰਮਾਤਮਾ ਆਪ ਹੀ ਸਭ ਦਾਤਾਂ ਦੇਣ ਵਾਲਾ ਹੈ, ਪਰਮਾਤਮਾ ਦੀ ਬਖ਼ਸ਼ਸ਼ ਅਟੱਲ ਹੈ । ਉਹ ਮਨੁੱਖ (ਹੋਰਨਾਂ ਨੂੰ ਭੀ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਾਂਦਾ ਰਹਿੰਦਾ ਹੈ ।੩।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ ਉਹ (ਨਾਮ ਸਿਮਰਨ ਦੀ) ਮੇਹਨਤ ਕਰਦਾ ਹੈ, (ਨਾਮ-ਧਨ) ਖੱਟਦਾ ਹੈ, ਤੇ, (ਹੋਰਨਾਂ ਨੂੰ ਭੀ) ਨਾਮ ਜਪਾਂਦਾ ਹੈ । ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਉਹ ਮਨੁੱਖ ਸਦਾ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ । ਗੁਰੂ ਦੇ ਦਰ ਤੇ ਰਹਿ ਕੇ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਦੇ ਪ੍ਰੇਮ ਵਿਚ ਲੀਨ ਰਹਿੰਦਾ ਹੈ ।

ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਦਾ ਹੀ ਝੂਠ ਬੋਲਦਾ ਹੈ, (ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲਾ ਮਾਇਆ ਦੇ ਮੋਹ ਦਾ) ਜ਼ਹਿਰ ਬੀਜਦਾ ਹੈ, ਤੇ ਉਹੀ ਜ਼ਹਿਰ ਖਾਂਦਾ ਹੈ (ਉਸੇ ਜ਼ਹਿਰ ਨੂੰ ਆਪਣੇ ਜੀਵਨ ਦਾ ਸਹਾਰਾ ਬਣਾਈ ਰੱਖਦਾ ਹੈ) । ਉਹ ਮਨੁੱਖ ਆਤਮਕ ਮੌਤ ਦੀਆਂ ਫਾਹੀਆਂ ਵਿਚ ਬੱਝਾ ਰਹਿੰਦਾ ਹੈ, ਤ੍ਰਿਸ਼ਨਾ ਦੀ ਅੱਗ ਨਾਲ ਸੜਿਆ ਰਹਿੰਦਾ ਹੈ । (ਇਸ ਬਿਪਤਾ ਵਿਚੋਂ ਉਸ ਨੂੰ) ਗੁਰੂ ਤੋਂ ਬਿਨਾ ਹੋਰ ਕੋਈ ਛਡਾ ਨਹੀਂ ਸਕਦਾ ।੪।

ਸਚਾ ਤੀਰਥੁ ਜਿਤੁ ਸਤਸਰਿ ਨਾਵਣੁ ਗੁਰਮੁਖਿ ਆਪਿ ਬੁਝਾਏ ॥ ਅਠਸਠਿ ਤੀਰਥ ਗੁਰ ਸਬਦਿ ਦਿਖਾਏ ਤਿਤੁ ਨਾਤੈ ਮਲੁ ਜਾਏ ॥ ਸਚਾ ਸਬਦੁ ਸਚਾ ਹੈ ਨਿਰਮਲੁ ਨਾ ਮਲੁ ਲਗੈ ਨ ਲਾਏ ॥ ਸਚੀ ਸਿਫਤਿ ਸਚੀ ਸਾਲਾਹ ਪੂਰੇ ਗੁਰ ਤੇ ਪਾਏ ॥੫॥ ਤਨੁ ਮਨੁ ਸਭੁ ਕਿਛੁ ਹਰਿ ਤਿਸੁ ਕੇਰਾ ਦੁਰਮਤਿ ਕਹਣੁ ਨ ਜਾਏ ॥ ਹੁਕਮੁ ਹੋਵੈ ਤਾ ਨਿਰਮਲੁ ਹੋਵੈ ਹਉਮੈ ਵਿਚਹੁ ਜਾਏ ॥ ਗੁਰ ਕੀ ਸਾਖੀ ਸਹਜੇ ਚਾਖੀ ਤ੍ਰਿਸਨਾ ਅਗਨਿ ਬੁਝਾਏ ॥ ਗੁਰ ਕੈ ਸਬਦਿ ਰਾਤਾ ਸਹਜੇ ਮਾਤਾ ਸਹਜੇ ਰਹਿਆ ਸਮਾਏ ॥੬॥ {ਪੰਨਾ ੭੫੩}

ਪਦ ਅਰਥ :—ਸਚਾ—ਸਦਾ-ਥਿਰ ਰਹਿਣ ਵਾਲਾ । ਜਿਤੁ ਸਤਿਸਰਿ—ਜਿਸ ਸੱਚੇ ਸਰੋਵਰ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲਾ ਮਨੁੱਖ । ਅਠਸਠਿ—ਅਠਾਹਠ । ਸਬਦਿ—ਸ਼ਬਦ ਵਿਚ । ਦਿਖਾਏ—(ਪ੍ਰਭੂ) ਵਿਖਾ ਦੇਂਦਾ ਹੈ । ਤਿਤੁ—ਉਸ (ਗੁਰ-ਸ਼ਬਦ ਤੀਰਥ) ਵਿਚ । ਨਾਤੈ—ਨ੍ਹਾਤਿਆਂ । ਗੁਰ ਤੇ—ਗੁਰੂ ਪਾਸੋਂ ।੫।

ਹਰਿ ਤਿਸੁ ਕੇਰਾ—ਉਸ ਹਰੀ ਦਾ । ਕੇਰਾ—ਦਾ । ਦੁਰਮਤਿ—ਖੋਟੀ ਮਤਿ (ਦੇ ਕਾਰਨ) । ਨਿਰਮਲੁ—ਪਵਿੜ੍ਰ । ਸਾਖੀ—ਸਿੱਖਿਆ । ਸਹਜੇ—ਆਤਮਕ

ਅਡੋਲਤਾ ਵਿਚ । ਕੈ ਸਬਦਿ—ਦੇ ਸ਼ਬਦ ਵਿਚ । ਰਾਤਾ—ਰੰਗਿਆ ਹੋਇਆ । ਮਾਤਾ—ਮਸਤ, ਲੀਨ । ਸਹਜੇ—ਆਤਮਕ ਅਡੋਲਤਾ ਵਿਚ ।੬।

ਅਰਥ :—ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ ਉਸ ਨੂੰ ਪ੍ਰਭੂ ਆਪ ਇਹ ਸੂਝ ਬਖ਼ਸ਼ਦਾ ਹੈ ਕਿ ਜਿਸ ਸੱਚੇ ਸਰੋਵਰ ਵਿਚ ਇਸ਼ਨਾਨ ਕਰਨਾ ਚਾਹੀਦਾ ਹੈ ਉਹ ਸਦਾ ਕਾਇਮ ਰਹਿਣ ਵਾਲਾ ਤੀਰਥ (ਗੁਰੂ ਦਾ ਸ਼ਬਦ ਹੀ ਹੈ) ਗੁਰੂ ਦੇ ਸ਼ਬਦ ਵਿਚ (ਹੀ ਪ੍ਰਭੂ ਉਸ ਨੂੰ) ਅਠਾਹਠ ਤੀਰਥ ਵਿਖਾ ਦੇਂਦਾ ਹੈ (ਅਤੇ ਵਿਖਾ ਦੇਂਦਾ ਹੈ ਕਿ) ਉਸ (ਗੁਰੂ-ਸ਼ਬਦ-ਤੀਰਥ) ਵਿਚ ਨ੍ਹਾਤਿਆਂ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ । (ਉਸ ਮਨੁੱਖ ਨੂੰ ਯਕੀਨ ਬਣ ਜਾਂਦਾ ਹੈ ਕਿ) ਗੁਰੂ ਦਾ ਸ਼ਬਦ ਹੀ ਸਦਾ ਕਾਇਮ ਰਹਿਣ ਵਾਲਾ ਅਤੇ ਪਵਿਤ੍ਰ ਤੀਰਥ ਹੈ (ਉਸ ਵਿਚ ਇਸ਼ਨਾਨ ਕੀਤਿਆਂ ਵਿਕਾਰਾਂ ਦੀ) ਮੈਲ ਨਹੀਂ ਲੱਗਦੀ,

(ਉਹ ਤੀਰਥ) ਮੈਲ ਨਹੀਂ ਚੰਬੋੜਦਾ । ਉਹ ਮਨੁੱਖ ਪੂਰੇ ਗੁਰੂ ਪਾਸੋਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਪ੍ਰਾਪਤ ਕਰ ਲੈਂਦਾ ਹੈ ।੫।

ਪਰ, ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਹ (ਮਨੁੱਖ) ਖੋਟੀ ਮਤਿ ਦੇ ਕਾਰਨ ਇਹ ਨਹੀਂ ਆਖ ਸਕਦਾ ਕਿ ਸਾਡਾ ਇਹ ਸਰੀਰ ਸਾਡਾ ਇਹ ਮਨ ਸਭ ਕੁਝ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ । ਜਦੋਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ (ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ ਮਨ) ਪਵਿਤ੍ਰ ਹੋ ਜਾਂਦਾ ਹੈ (ਉਸ ਦੇ) ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਗੁਰੂ ਦੇ ਉਪਦੇਸ਼ ਦਾ ਆਨੰਦ ਮਾਣਦਾ ਹੈ, (ਗੁਰੂ ਦਾ ਉਪਦੇਸ਼ ਉਸ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁਝਾ ਦੇਂਦਾ ਹੈ । ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਆਤਮਕ ਅਡੋਲਤਾ ਵਿਚ ਮਸਤ ਹੋ ਜਾਂਦਾ ਹੈ, ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦਾ ਹੈ ।੬।

ਹਰਿ ਕਾ ਨਾਮੁ ਸਤਿ ਕਰਿ ਜਾਣੈ ਗੁਰ ਕੈ ਭਾਇ ਪਿਆਰੇ ॥ ਸਚੀ ਵਡਿਆਈ ਗੁਰ ਤੇ ਪਾਈ ਸਚੈ ਨਾਇ ਪਿਆਰੇ ॥ ਏਕੋ ਸਚਾ ਸਭ ਮਹਿ ਵਰਤੈ ਵਿਰਲਾ ਕੋ ਵੀਚਾਰੇ ॥ ਆਪੇ ਮੇਲਿ ਲਏ ਤਾ ਬਖਸੇ ਸਚੀ ਭਗਤਿ ਸਵਾਰੇ ॥੭॥ ਸਭੋ ਸਚੁ ਸਚੁ ਸਚੁ ਵਰਤੈ ਗੁਰਮੁਖਿ ਕੋਈ ਜਾਣੈ ॥ ਜੰਮਣ ਮਰਣਾ ਹੁਕਮੋ ਵਰਤੈ ਗੁਰਮੁਖਿ ਆਪੁ ਪਛਾਣੈ ॥ ਨਾਮੁ ਧਿਆਏ ਤਾ ਸਤਿਗੁਰੁ ਭਾਏ ਜੋ ਇਛੈ ਸੋ ਫਲੁ ਪਾਏ ॥ ਨਾਨਕ ਤਿਸ ਦਾ ਸਭੁ ਕਿਛੁ ਹੋਵੈ ਜਿ ਵਿਚਹੁ ਆਪੁ ਗਵਾਏ ॥੮॥੧॥ {ਪੰਨਾ ੭੫੪}

ਪਦ ਅਰਥ :—ਸਤਿ ਕਰਿ ਜਾਣੈ—ਸੱਚ ਕਰ ਕੇ ਜਾਣਦਾ ਹੈ, ਇਹ ਜਾਣ ਲੈਂਦਾ ਹੈ ਕਿ ਇਹੀ ਸੱਚਾ ਸਾਥੀ ਹੈ । ਕੈ ਭਾਇ—ਦੇ ਪ੍ਰੇਮ ਵਿਚ । ਗੁਰ ਤੇ—ਗੁਰੂ ਪਾਸੋਂ । ਸਚੈ ਨਾਇ—ਸਦਾ-ਥਿਰ ਹਰਿ-ਨਾਮ ਵਿਚ । ਪਿਆਰੇ—ਪਿਆਰ ਬਣਾਂਦਾ ਹੈ । ਸਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਆਪੇ—(ਪ੍ਰਭੂ) ਆਪ ਹੀ । ਸਚੀ—ਸਦਾ-ਥਿਰ ਰਹਿਣ ਵਾਲੀ ।੭।

ਸਭੋ—ਹਰ ਥਾਂ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਹੁਕਮੋ—ਹੁਕਮ ਹੀ । ਆਪੁ ਪਛਾਣੈ—ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਹੈ । ਸਤਿਗੁਰ ਭਾਏ—ਗੁਰੂ ਨੂੰ ਪਿਆਰਾ ਲੱਗਦਾ ਹੈ । ਸਭੁ ਕਿਛੁ ਹੋਵੈ—ਆਤਮਕ ਜੀਵਨ ਦਾ ਸਾਰਾ ਸਰਮਾਇਆ ਬਣਿਆ ਰਹਿੰਦਾ ਹੈ । ਆਪੁ—ਆਪਾ-ਭਾਵ ।੮।

ਅਰਥ :—ਜੇਹੜਾ ਮਨੁੱਖ ਪਿਆਰੇ ਗੁਰੂ ਦੇ ਪ੍ਰੇਮ ਵਿਚ ਟਿਕਿਆ ਰਹਿੰਦਾ ਹੈ, ਉਹ ਇਹ ਗੱਲ ਸਮਝ ਲੈਂਦਾ ਹੈ ਕਿ ਪਰਮਾਤਮਾ ਦਾ ਨਾਮ ਹੀ ਸੱਚਾ ਸਾਥੀ ਹੈ । ਉਹ ਮਨੁੱਖ ਪਰਮਾਤਮਾ ਦੀ ਸਦਾ-ਥਿਰ ਰਹਿਣ ਵਾਲੀ ਸਿਫ਼ਤਿ-ਸਾਲਾਹ ਗੁਰੂ ਪਾਸੋਂ ਪ੍ਰਾਪਤ ਕਰ ਲੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪਿਆਰ ਕਰਨ ਲੱਗ ਪੈਂਦਾ ਹੈ । ਕੋਈ ਵਿਰਲਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਇਹ ਵਿਚਾਰ ਕਰਦਾ ਹੈ ਕਿ ਸਾਰੀ ਸ੍ਰਿਸ਼ਟੀ ਵਿਚ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਹੀ ਵੱਸਦਾ ਹੈ । (ਅਜੇਹੇ ਮਨੁੱਖ ਨੂੰ) ਜਦੋਂ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ, ਤਾਂ ਉਸ ਉਤੇ ਬਖ਼ਸ਼ਸ਼ ਕਰਦਾ ਹੈ, ਸਦਾ-ਥਿਰ ਰਹਿਣ ਵਾਲੀ ਆਪਣੀ ਭਗਤੀ ਦੇ ਕੇ ਉਸ ਦਾ ਜੀਵਨ ਸੋਹਣਾ ਬਣਾ ਦੇਂਦਾ ਹੈ ।੭।

ਹੇ ਭਾਈ! ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਸਮਝਦਾ ਹੈ ਕਿ ਹਰ ਥਾਂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਕੰਮ ਕਰ ਰਿਹਾ ਹੈ । ਜਗਤ ਵਿਚ ਜੰਮਣਾ ਮਰਨਾ ਭੀ ਉਸੇ ਦੇ ਹੁਕਮ ਵਿਚ ਚੱਲ ਰਿਹਾ ਹੈ । ਗੁਰੂ ਦੀ ਸਰਨ ਪੈਣ ਵਾਲਾ ਉਹ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ । ਜਦੋਂ ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰਦਾ ਹੈ ਤਾਂ ਉਹ ਗੁਰੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਫਿਰ ਉਹ ਜੇਹੜੀ ਮੁਰਾਦ ਮੰਗਦਾ ਹੈ ਉਹੀ ਹਾਸਲ ਕਰ ਲੈਂਦਾ ਹੈ । ਹੇ ਨਾਨਕ! (ਆਖ—) ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ, ਉਸ ਦਾ ਆਤਮਕ ਜੀਵਨ ਦਾ ਸਾਰਾ ਸਰਮਾਇਆ ਬਚਿਆ ਰਹਿੰਦਾ ਹੈ ।੮।੧।

ਸੂਹੀ ਮਹਲਾ ੩ ॥ ਕਾਇਆ ਕਾਮਣਿ ਅਤਿ ਸੁਆਲਿਉ ਪਿਰੁ ਵਸੈ ਜਿਸੁ ਨਾਲੇ ॥ ਪਿਰ ਸਚੇ ਤੇ ਸਦਾ ਸੁਹਾਗਣਿ ਗੁਰ ਕਾ ਸਬਦੁ ਸਮ੍ਹਾਲੇ ॥ ਹਰਿ ਕੀ ਭਗਤਿ ਸਦਾ ਰੰਗਿ ਰਾਤਾ ਹਉਮੈ ਵਿਚਹੁ ਜਾਲੇ ॥੧॥ ਵਾਹੁ ਵਾਹੁ ਪੂਰੇ ਗੁਰ ਕੀ ਬਾਣੀ ॥ ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ ॥੧॥ ਰਹਾਉ ॥ ਕਾਇਆ ਅੰਦਰਿ ਸਭੁ ਕਿਛੁ ਵਸੈ ਖੰਡ ਮੰਡਲ ਪਾਤਾਲਾ ॥ ਕਾਇਆ ਅੰਦਰਿ ਜਗਜੀਵਨ ਦਾਤਾ ਵਸੈ ਸਭਨਾ ਕਰੇ ਪ੍ਰਤਿਪਾਲਾ ॥ ਕਾਇਆ ਕਾਮਣਿ ਸਦਾ ਸੁਹੇਲੀ ਗੁਰਮੁਖਿ ਨਾਮੁ ਸਮ੍ਹਾਲਾ ॥੨॥ {ਪੰਨਾ ੭੫੪}

ਅਰਥ :—ਕਾਇਆ—ਸਰੀਰ । ਕਾਮਣਿ—ਇਸਤ੍ਰੀ । ਅਤਿ—ਬਹੁਤ । ਸੁਆਲਿਓ—ਸੋਹਣੀ । ਪਿਰੁ—ਪ੍ਰਭੂ-ਪਤੀ । ਤੇ—ਤੋਂ, ਮਿਲਾਪ ਤੋਂ, ਮਿਲਾਪ ਦੇ ਕਾਰਨ । ਸੁਹਾਗਣਿ—ਸੁਹਾਗ-ਭਾਗ ਵਾਲੀ । ਸਮ੍ਹਾਲੇ—ਸੰਭਾਲਦੀ ਹੈ, ਹਿਰਦੇ ਵਿਚ ਵਸਾਂਦੀ ਹੈ । ਰੰਗਿ—ਰੰਗ ਵਿਚ । ਰਾਤਾ—ਰੰਗਿਆ ਹੋਇਆ । ਜਾਲੇ—ਸਾੜ ਲੈਂਦਾ ਹੈ ।੧।

ਵਾਹੁ ਵਾਹੁ—ਧੰਨ, ਧੰਨ । ਤੇ—ਤੋਂ, ਹਿਰਦੇ ਵਿਚੋਂ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਸਮਾਣੀ—ਲੀਨ ਕਰ ਦੇਂਦੀ ਹੈ ।੧।ਰਹਾਉ।

ਸਭੁ ਕਿਛੁ—ਹਰੇਕ ਸੁਖ! ਖੰਡ—ਦੇਸ । ਪ੍ਰਤਿਪਾਲਾ—ਪਾਲਣਾ । ਸੁਹੇਲੀ—ਸੌਖੀ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੨।

ਅਰਥ :—ਹੇ ਭਾਈ! ਪੂਰੇ ਗੁਰੂ ਦੀ ਬਾਣੀ ਧੰਨ ਹੈ ਧੰਨ ਹੈ । ਇਹ ਬਾਣੀ ਪੂਰੇ ਗੁਰੂ ਦੇ ਹਿਰਦੇ ਵਿਚੋਂ ਪੈਦਾ ਹੁੰਦੀ ਹੈ, ਅਤੇ (ਜੇਹੜਾ ਮਨੁੱਖ ਇਸ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ ਉਸ ਨੂੰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਕਰ ਦੇਂਦੀ ਹੈ ।੧।ਰਹਾਉ।

ਹੇ ਭਾਈ! (ਗੁਰੂ ਦੀ ਬਾਣੀ ਦੀ ਬਰਕਤਿ ਨਾਲ) ਜਿਸ ਕਾਂਇਆਂ ਵਿਚ ਪ੍ਰਭੂ-ਪਤੀ ਆ ਵੱਸਦਾ ਹੈ, ਉਹ ਕਾਂਇਆਂ-ਇਸਤ੍ਰੀ ਬਹੁਤ ਸੁੰਦਰ ਬਣ ਜਾਂਦੀ ਹੈ । ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾਂਦੀ ਹੈ, ਸਦਾ-ਥਿਰ ਪ੍ਰਭੂ-ਪਤੀ ਦੇ ਮਿਲਾਪ ਦੇ ਕਾਰਨ ਉਹ ਸਦਾ ਲਈ ਸੁਹਾਗ ਭਾਗ ਵਾਲੀ ਬਣ ਜਾਂਦੀ ਹੈ । ਹੇ ਭਾਈ! (ਬਾਣੀ ਦੀ ਬਰਕਤਿ ਨਾਲ ਜੇਹੜਾ ਮਨੁੱਖ) ਆਪਣੇ ਅੰਦਰੋਂ ਹਉਮੈ ਸਾੜ ਲੈਂਦਾ ਹੈ, ਉਹ ਸਦਾ ਵਾਸਤੇ ਪਰਮਾਤਮਾ ਦੀ ਭਗਤੀ ਦੇ ਰੰਗ ਵਿਚ ਰੰਗਿਆ ਜਾਂਦਾ ਹੈ ।੧।

ਹੇ ਭਾਈ! ਖੰਡਾਂ ਮੰਡਲਾਂ ਪਾਤਾਲਾਂ (ਸਾਰੇ ਜਗਤ) ਦਾ ਹਰੇਕ ਸੁਖ ਉਸ ਸਰੀਰ ਦੇ ਅੰਦਰ ਆ ਵੱਸਦਾ ਹੈ, ਜਿਸ ਸਰੀਰ ਵਿਚ ਜਗਤ ਦਾ ਜੀਵਨ ਉਹ ਦਾਤਾਰ-ਪ੍ਰਭੂ ਪਰਗਟ ਹੋ ਜਾਂਦਾ ਹੈ ਜੋ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹੈ ਉਸ ਦੀ ਕਾਂਇਆਂ-ਇਸਤ੍ਰੀ ਸਦਾ ਸੁਖੀ ਰਹਿੰਦੀ ਹੈ ।੨।

ਕਾਇਆ ਅੰਦਰਿ ਆਪੇ ਵਸੈ ਅਲਖੁ ਨ ਲਖਿਆ ਜਾਈ ॥ ਮਨਮੁਖੁ ਮੁਗਧੁ ਬੂਝੈ ਨਾਹੀ ਬਾਹਰਿ ਭਾਲਣਿ ਜਾਈ ॥ ਸਤਿਗੁਰੁ ਸੇਵੇ ਸਦਾ ਸੁਖੁ ਪਾਏ ਸਤਿਗੁਰਿ ਅਲਖੁ ਦਿਤਾ ਲਖਾਈ ॥੩॥ ਕਾਇਆ ਅੰਦਰਿ ਰਤਨ ਪਦਾਰਥ ਭਗਤਿ ਭਰੇ ਭੰਡਾਰਾ ॥ ਇਸੁ ਕਾਇਆ ਅੰਦਰਿ ਨਉਖੰਡ ਪ੍ਰਿਥਮੀ ਹਾਟ ਪਟਣ ਬਾਜਾਰਾ ॥ ਇਸੁ ਕਾਇਆ ਅੰਦਰਿ ਨਾਮੁ ਨਉਨਿਧਿ ਪਾਈਐ ਗੁਰ ਕੈ ਸਬਦਿ ਵੀਚਾਰਾ ॥੪॥ {ਪੰਨਾ ੭੫੪}

ਪਦ ਅਰਥ :—ਆਪੇ—(ਪ੍ਰਭੂ) ਆਪ ਹੀ । ਅਲਖੁ—ਅਦ੍ਰਿਸ਼ਟ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਮੁਗਧੁ—ਮੂਰਖ । ਸਤਿਗੁਰਿ—ਗੁਰੂ ਨੇ । ਦਿਤਾ ਲਖਾਈ—ਲਖਾਇ ਦਿੱਤਾ, ਸਮਝਾ ਦਿੱਤਾ ।੩।

ਭੰਡਾਰਾ—ਖ਼ਜ਼ਾਨੇ । ਨਉ ਖੰਡ ਪ੍ਰਿਥਮੀ—ਨੌ ਖੰਡਾਂ ਵਾਲੀ ਧਰਤੀ, ਸਾਰੀ ਧਰਤੀ (ਦੇ) । ਹਾਟ—ਹੱਟ । ਪਟਣ—ਸ਼ਹਰ । ਨਉਨਿਧਿ—ਨੌ ਖ਼ਜ਼ਾਨੇ, ਧਰਤੀ ਦੇ ਸਾਰੇ ਹੀ ਨੌ ਖ਼ਜ਼ਾਨੇ । ਕੈ ਸਬਦਿ—ਦੇ ਸ਼ਬਦ ਵਿਚ ।੪।

ਹੇ ਭਾਈ! ਇਸ ਸਰੀਰ ਵਿਚ ਪ੍ਰਭੂ ਆਪ ਹੀ ਵੱਸਦਾ ਹੈ, ਪਰ ਉਹ ਅਦ੍ਰਿਸ਼ਟ ਹੈ (ਸਧਾਰਨ ਤੌਰ ਤੇ) ਵੇਖਿਆ ਨਹੀਂ ਜਾ ਸਕਦਾ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ (ਇਹ ਭੇਤ) ਨਹੀਂ ਸਮਝਦਾ, (ਉਸ ਪ੍ਰਭੂ ਨੂੰ) ਬਾਹਰ (ਜੰਗਲ ਆਦਿਕ ਵਿਚ) ਲੱਭਣ ਤੁਰ ਪੈਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ (ਕਿਉਂਕਿ ਜੇਹੜਾ ਭੀ ਮਨੁੱਖ ਗੁਰੂ ਦੀ ਸਰਨ ਆ ਪਿਆ) ਗੁਰੂ ਨੇ (ਉਸ ਨੂੰ) ਅਦ੍ਰਿਸ਼ਟ ਪਰਮਾਤਮਾ (ਉਸ ਦੇ ਅੰਦਰ ਵੱਸਦਾ) ਵਿਖਾ ਦਿੱਤਾ ।੩।

ਹੇ ਭਾਈ! ਪਰਮਾਤਮਾ ਦੀ ਭਗਤੀ (ਮਾਨੋ) ਰਤਨ ਪਦਾਰਥ ਹੈ (ਇਹਨਾਂ ਰਤਨਾਂ ਪਦਾਰਥਾਂ ਦੇ) ਖ਼ਜ਼ਾਨੇ ਇਸ ਮਨੁੱਖ ਸਰੀਰ ਵਿਚ ਭਰੇ ਪਏ ਹਨ । ਇਸ ਸਰੀਰ ਦੇ ਅੰਦਰ ਹੀ (ਮਾਨੋ) ਸਾਰੀ ਧਰਤੀ ਦੇ ਹੱਟ ਬਾਜ਼ਾਰ ਤੇ ਸ਼ਹਰ (ਵੱਸ ਰਹੇ ਹਨ । ਗੁਰੂ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਅੰਦਰ ਹੀ ਨਾਮ ਧਨ ਵਿਹਾਝਦਾ ਹੈ) । ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਇਸ ਸਰੀਰ ਦੇ ਵਿਚੋਂ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ ਜੇਹੜਾ (ਮਾਨੋ ਧਰਤੀ ਦੇ) ਨੌ ਹੀ ਖ਼ਜ਼ਾਨੇ ਹੈ ।੪।

ਕਾਇਆ ਅੰਦਰਿ ਤੋਲਿ ਤੁਲਾਵੈ ਆਪੇ ਤੋਲਣਹਾਰਾ ॥ ਇਹੁ ਮਨੁ ਰਤਨੁ ਜਵਾਹਰ ਮਾਣਕੁ ਤਿਸ ਕਾ ਮੋਲੁ ਅਫਾਰਾ ॥ ਮੋਲਿ ਕਿਤ ਹੀ ਨਾਮੁ ਪਾਈਐ ਨਾਹੀ ਨਾਮੁ ਪਾਈਐ ਗੁਰ ਬੀਚਾਰਾ ॥੫॥ ਗੁਰਮੁਖਿ ਹੋਵੈ ਸੁ ਕਾਇਆ ਖੋਜੈ ਹੋਰ ਸਭ ਭਰਮਿ ਭੁਲਾਈ ॥ ਜਿਸ ਨੋ ਦੇਇ ਸੋਈ ਜਨੁ ਪਾਵੈ ਹੋਰ ਕਿਆ ਕੋ ਕਰੇ ਚਤੁਰਾਈ ॥ ਕਾਇਆ ਅੰਦਰਿ ਭਉ ਭਾਉ ਵਸੈ ਗੁਰ ਪਰਸਾਦੀ ਪਾਈ ॥੬॥ {ਪੰਨਾ ੭੫੪}

ਪਦ ਅਰਥ :—ਆਪੇ—ਪ੍ਰਭੂ ਆਪ ਹੀ । ਤੋਲਣਹਾਰ—ਨਾਮ-ਰਤਨ ਦੀ ਪਰਖ ਕਰਨ ਵਾਲਾ । ਤੋਲਿ—ਨਾਮ-ਰਤਨ ਨੂੰ ਪਰਖ ਕੇ । ਤੁਲਾਵੈ—ਪਰਖਣ ਦੀ ਜਾਚ ਸਿਖਾਂਦਾ ਹੈ । ਅਫਾਰਾ—ਬਹੁਤ । ਤਿਸ ਕਾ—{ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਮੋਲਿ—ਮੁੱਲ ਨਾਲ । ਕਿਤ ਹੀ—ਕਿਤੁ ਹੀ {ਲਫ਼ਜ਼ 'ਕਿਤੁ' ਦਾ _ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ} । ਕਿਤ ਹੀ ਮੋਲਿ—ਕਿਸੇ ਭੀ ਮੁੱਲ ਨਾਲ ।੫।

ਗੁਰਮੁਖਿ—ਗੁਰੂ ਦੇ ਸਨਮੁਖ । ਭਰਮਿ—ਭਟਕਣਾ ਵਿਚ (ਪੈ ਕੇ) । ਭੁਲਾਈ—ਕੁਰਾਹੇ ਪਈ ਹੈ । ਜਿਸ ਨੋ—{ਲਫ਼ਜ਼ 'ਜਿਸੁ' ਦਾ _ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਦੇਇ—ਦੇਂਦਾ ਹੈ । ਕੋ—ਕੋਈ ਮਨੁੱਖ । ਕਿਆ ਚਤੁਰਾਈ—ਕੇਹੜੀ ਸਿਆਣਪ? ਭਉ—ਡਰ-ਅਦਬ । ਭਾਉ—ਪਿਆਰੇ । ਪਰਸਾਦੀ—ਕਿਰਪਾ ਨਾਲ ।੬।

ਅਰਥ :—ਹੇ ਭਾਈ! ਇਸ ਮਨੁੱਖਾ ਸਰੀਰ ਵਿਚ ਨਾਮ-ਰਤਨ ਦੀ ਪਰਖ ਕਰਨ ਵਾਲਾ ਪ੍ਰਭੂ ਆਪ ਹੀ ਵੱਸਦਾ ਹੈ, ਉਹ ਆਪ ਪਰਖ ਕਰ ਕੇ ਨਾਮ-ਰਤਨ ਦੀ ਪਰਖ ਦੀ ਜਾਚ ਸਿਖਾਂਦਾ ਹੈ, (ਜਿਸ ਮਨੁੱਖ ਨੂੰ ਜਾਚ ਦੇਂਦਾ ਹੈ, ਉਸ ਦਾ) ਇਹ ਮਨ (ਮਾਨੋ) ਰਤਨ ਜਵਾਹਰ ਮੋਤੀ (ਵਰਗਾ ਕੀਮਤੀ ਬਣ ਜਾਂਦਾ ਹੈ । ਇਤਨਾ ਕੀਮਤੀ ਬਣ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪੈ ਸਕਦਾ । (ਉਸ ਮਨੁੱਖ ਨੂੰ ਸਮਝ ਪੈ ਜਾਂਦੀ ਹੈ ਕਿ ਪਰਮਾਤਮਾ ਦਾ) ਨਾਮ ਕਿਸੇ (ਦੁਨੀਆਵੀ) ਕੀਮਤ ਨਾਲ ਨਹੀਂ ਮਿਲ ਸਕਦਾ । ਸਤਿਗੁਰੂ ਦੀ ਬਾਣੀ ਦੀ ਵਿਚਾਰ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਮਿਲਦਾ ਹੈ ।੫।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਪਰਮਾਤਮਾ ਦੇ ਨਾਮ ਦੀ ਪ੍ਰਾਪਤੀ ਵਾਸਤੇ) ਆਪਣੇ ਸਰੀਰ ਨੂੰ ਹੀ ਖੋਜਦਾ ਹੈ । ਬਾਕੀ ਦੀ ਲੁਕਾਈ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਰਹਿੰਦੀ ਹੈ । ਪਰਮਾਤਮਾ ਆਪ ਜਿਸ ਮਨੁੱਖ ਨੂੰ (ਆਪਣੇ ਨਾਮ ਦੀ ਦਾਤਿ) ਦੇਂਦਾ ਹੈ, ਉਹੀ ਮਨੁੱਖ ਪ੍ਰਾਪਤ ਕਰਦਾ ਹੈ । ਕੋਈ ਭੀ ਮਨੁੱਖ (ਗੁਰੂ ਦੀ ਸਰਨ ਤੋਂ ਬਿਨਾ) ਹੋਰ ਕੋਈ ਸਿਆਣਪ ਨਹੀਂ ਕਰ ਸਕਦਾ (ਜਿਸ ਨਾਲ ਨਾਮ ਪ੍ਰਾਪਤ ਕਰ ਸਕੇ) । ਗੁਰੂ ਦੀ ਕਿਰਪਾ ਨਾਲ ਹੀ ਨਾਮ ਪ੍ਰਾਪਤ ਹੁੰਦਾ ਹੈ । ਜਿਸ ਨੂੰ ਪ੍ਰਾਪਤ ਹੁੰਦਾ ਹੈ ਉਸ ਦੇ ਸਰੀਰ ਵਿਚ ਪਰਮਾਤਮਾ ਦਾ ਡਰ-ਅਦਬ ਅਤੇ ਪਿਆਰ ਆ ਵੱਸਦਾ ਹੈ ।੬।

ਕਾਇਆ ਅੰਦਰਿ ਬ੍ਰਹਮਾ ਬਿਸਨੁ ਮਹੇਸਾ ਸਭ ਓਪਤਿ ਜਿਤੁ ਸੰਸਾਰਾ ॥ ਸਚੈ ਆਪਣਾ ਖੇਲੁ ਰਚਾਇਆ ਆਵਾਗਉਣ ਪਾਸਾਰਾ ॥ ਪੂਰੈ ਸਤਿਗੁਰਿ ਆਪਿ ਦਿਖਾਇਆ ਸਚਿ ਨਾਮਿ ਨਿਸਤਾਰਾ ॥੭॥ ਸਾ ਕਾਇਆ ਜੋ ਸਤਿਗੁਰੁ ਸੇਵੈ ਸਚੈ ਆਪਿ ਸਵਾਰੀ ॥ ਵਿਣੁ ਨਾਵੈ ਦਰਿ ਢੋਈ ਨਾਹੀ ਤਾ ਜਮੁ ਕਰੇ ਖੁਆਰੀ ॥ ਨਾਨਕ ਸਚੁ ਵਡਿਆਈ ਪਾਏ ਜਿਸ ਨੋ ਹਰਿ ਕਿਰਪਾ ਧਾਰੀ ॥੮॥੨॥ {ਪੰਨਾ ੭੫੪}

ਪਦ ਅਰਥ :—ਸਭ ਓਪਤਿ—ਸਾਰੀ ਉਤਪੱਤੀ । ਜਿਤੁ—ਜਿਸ (ਪਰਮਾਤਮਾ) ਤੋਂ । ਸਚੈ—ਸਦਾ-ਥਿਰ ਪ੍ਰਭੂ ਨੇ । ਆਵਾਗਉਣੁ—ਜੰਮਣ ਮਰਨ । ਪਾਸਾਰਾ—ਖਿਲਾਰਾ । ਸਤਿਗੁਰਿ—ਸਤਿਗੁਰੂ ਨੇ । ਸਚਿ ਨਾਮਿ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਵਿਚ ।੭।

ਸਾ—ਉਹ {ਇਸਤ੍ਰੀ-ਲਿੰਗ} । ਦਰਿ—(ਪ੍ਰਭੂ ਦੇ) ਦਰ ਤੇ । ਢੋਈ—ਆਸਰਾ । ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਸਚੁ—ਸਦਾ-ਥਿਰ ਹਰਿ-ਨਾਮ ।੮।

ਅਰਥ :—ਹੇ ਭਾਈ! ਇਸ ਸਰੀਰ ਵਿਚ ਉਹ ਪਰਮਾਤਮਾ ਵੱਸ ਰਿਹਾ ਹੈ, ਜਿਸ ਤੋਂ ਬ੍ਰਹਮਾ, ਬਿਸ਼ਨ, ਸ਼ਿਵ ਅਤੇ ਹੋਰ ਸਾਰੀ ਸ੍ਰਿਸ਼ਟੀ ਦੀ ਉਤਪਤੀ ਹੋਈ ਹੈ । ਸਦਾ-ਥਿਰ ਪ੍ਰਭੂ ਨੇ (ਇਹ ਜਗਤ) ਆਪਣਾ ਇਕ ਤਮਾਸ਼ਾ ਰਚਿਆ ਹੋਇਆ ਹੈ ਇਹ ਜੰਮਣ ਮਰਨ ਇਕ ਖਿਲਾਰਾ ਖਿਲਾਰ ਦਿੱਤਾ ਹੈ । ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਇਹ ਅਸਲੀਅਤ) ਵਿਖਾ ਦਿੱਤੀ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ ਉਸ ਮਨੁੱਖ ਦਾ ਪਾਰ-ਉਤਾਰਾ ਹੋ ਗਿਆ ।੭।

ਹੇ ਭਾਈ! ਉਹੀ ਸਰੀਰ ਸਫਲ ਹੈ ਜੇਹੜਾ ਗੁਰੂ ਦੀ ਸਰਨ ਪੈਂਦਾ ਹੈ । ਉਸ ਸਰੀਰ ਨੂੰ ਸਦਾ-ਥਿਰ ਰਹਿਣ ਵਾਲੇ ਕਰਤਾਰ ਨੇ ਆਪ ਸੋਹਣਾ ਬਣਾ ਦਿੱਤਾ । ਪਰਮਾਤਮਾ ਦੇ ਨਾਮ ਤੋਂ ਬਿਨਾ ਪਰਮਾਤਮਾ ਦੇ ਦਰ ਤੇ ਖਲੋਣਾ ਨਹੀਂ ਮਿਲਦਾ । ਤਦੋਂ (ਅਜੇਹੇ ਮਨੁੱਖ ਨੂੰ) ਜਮਰਾਜ ਖ਼ੁਆਰ ਕਰਦਾ ਹੈ । ਹੇ ਨਾਨਕ! ਜਿਸ ਮਨੁੱਖ ਉਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ, ਉਸ ਨੂੰ ਆਪਣਾ ਸਦਾ-ਥਿਰ ਨਾਮ ਬਖ਼ਸ਼ਦਾ ਹੈ (ਇਹੀ ਉਸ ਵਾਸਤੇ ਸਭ ਤੋਂ ਵੱਡੀ) ਇੱਜ਼ਤ ਹੈ ।੮।੨।

ਰਾਗੁ ਸੂਹੀ ਮਹਲਾ ੩ ਘਰੁ ੧੦
ੴ ਸਤਿਗੁਰ ਪ੍ਰਸਾਦਿ ॥ ਦੁਨੀਆ ਨ ਸਾਲਾਹਿ ਜੋ ਮਰਿ ਵੰਞਸੀ ॥ ਲੋਕਾ ਨ ਸਾਲਾਹਿ ਜੋ ਮਰਿ ਖਾਕੁ ਥੀਈ ॥੧॥ ਵਾਹੁ ਮੇਰੇ ਸਾਹਿਬਾ ਵਾਹੁ ॥ ਗੁਰਮੁਖਿ ਸਦਾ ਸਲਾਹੀਐ ਸਚਾ ਵੇਪਰਵਾਹੁ ॥੧॥ ਰਹਾਉ ॥ ਦੁਨੀਆ ਕੇਰੀ ਦੋਸਤੀ ਮਨਮੁਖ ਦਝਿ ਮਰੰਨਿ ॥ ਜਮ ਪੁਰਿ ਬਧੇ ਮਾਰੀਅਹਿ ਵੇਲਾ ਨ ਲਾਹੰਨਿ ॥੨॥ ਗੁਰਮੁਖਿ ਜਨਮੁ ਸਕਾਰਥਾ ਸਚੈ ਸਬਦਿ ਲਗੰਨਿ ॥ ਆਤਮਰਾਮੁ ਪ੍ਰਗਾਸਿਆ ਸਹਜੇ ਸੁਖਿ ਰਹੰਨਿ ॥੩॥ ਗੁਰ ਕਾ ਸਬਦੁ ਵਿਸਾਰਿਆ ਦੂਜੈ ਭਾਇ ਰਚੰਨਿ ॥ ਤਿਸਨਾ ਭੁਖ ਨ ਉਤਰੈ ਅਨਦਿਨੁ ਜਲਤ ਫਿਰੰਨਿ ॥੪॥ ਦੁਸਟਾ ਨਾਲਿ ਦੋਸਤੀ ਨਾਲਿ ਸੰਤਾ ਵੈਰੁ ਕਰੰਨਿ ॥ ਆਪਿ ਡੁਬੇ ਕੁਟੰਬ ਸਿਉ ਸਗਲੇ ਕੁਲ ਡੋਬੰਨਿ ॥੫॥ ਨਿੰਦਾ ਭਲੀ ਕਿਸੈ ਕੀ ਨਾਹੀ ਮਨਮੁਖ ਮੁਗਧ ਕਰੰਨਿ ॥ ਮੁਹ ਕਾਲੇ ਤਿਨ ਨਿੰਦਕਾ ਨਰਕੇ ਘੋਰਿ ਪਵੰਨਿ ॥੬॥ {ਪੰਨਾ ੭੫੫}

ਪਦ ਅਰਥ :—ਮਰਿ ਵੰਞਸੀ—ਮਰ ਜਾਇਗੀ । ਮਰਿ—ਮਰ ਕੇ । ਖਾਕੁ—ਮਿੱਟੀ । ਥੀਈ—ਹੋ ਜਾਇਗੀ ।੧।

ਵਾਹੁ—ਧੰਨ, ਸਲਾਹੁਣ-ਜੋਗ । ਸਾਹਿਬਾ—ਹੇ ਮਾਲਕ! ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਲਾਹੀਐ—ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਸਚਾ—ਸਦਾ ਕਾਇਮ ਰਹਿਣ ਵਾਲਾ । ਵੇਪਰਵਾਹੁ—ਬੇ-ਮੁਥਾਜ ।੧।ਰਹਾਉ।

ਕੇਰੀ—ਦੀ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਦਝਿ—ਸੜ ਕੇ । ਮਰੰਨਿ—ਮਰਦੇ ਹਨ । ਜਮ ਪੁਰਿ—ਜਮ ਦੀ ਪੁਰੀ ਵਿਚ । ਮਾਰੀਅਹਿ—ਮਾਰੇ ਜਾਂਦੇ ਹਨ, ਮਾਰ ਖਾਂਦੇ ਹਨ । ਵੇਲਾ—ਮਨੁੱਖਾ ਜਨਮ ਦਾ ਮੌਕਾ । ਨ ਲਾਹੰਨਿ—ਨਹੀਂ ਪ੍ਰਾਪਤ ਕਰ ਸਕਦੇ ।੨।

ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲੇ ਮਨੁੱਖ । ਸਕਾਰਥਾ—ਸਫਲ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ । ਆਤਮ ਰਾਮੁ—ਸਰਬ-ਵਿਆਪਕ ਪਰਮਾਤਮਾ । ਸਹਜੇ—ਆਤਮਕ ਅਡੋਲਤਾ ਵਿਚ । ਸੁਖਿ—ਅਨੰਦ ਵਿਚ ।੩।

ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਅਨਦਿਨੁ—{ਅਨੁਦਿਨਜ਼} ਹਰ ਰੋਜ਼, ਹਰ ਵੇਲੇ ।੪।

ਕਰੰਨਿ—ਕਰਦੇ ਹਨ । ਦੁਸਟ—ਮੰਦ-ਕਰਮੀ, ਭੈੜੇ । ਸਿਉ—ਸਮੇਤ । ਡੋਬੰਨਿ—ਡੋਬ ਦੇਂਦੇ ਹਨ ।੫।

ਮੁਗਧ—ਮੂਰਖ । ਨਰਕੇ ਘੋਰਿ—ਘੋਰ ਨਰਕ ਵਿਚ, ਭਿਆਨਕ ਨਰਕ ਵਿਚ । ਪਵੰਨਿ—ਪੈਂਦੇ ਹਨ ।੬।

ਅਰਥ :—ਹੇ ਮੇਰੇ ਮਾਲਕ! ਤੂੰ ਧੰਨ ਹੈਂ! ਤੂੰ ਹੀ ਸਲਾਹੁਣ-ਜੋਗ ਹੈਂ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ, ਅਤੇ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ ਹੈ ।੧।ਰਹਾਉ।

ਹੇ ਭਾਈ! ਦੁਨੀਆ ਦੀ ਖ਼ੁਸ਼ਾਮਦ ਨਾਹ ਕਰਦਾ ਫਿਰ, ਦੁਨੀਆ ਤਾਂ ਨਾਸ ਹੋ ਜਾਇਗੀ । ਲੋਕਾਂ ਨੂੰ ਭੀ ਨਾਹ ਵਡਿਆਉਂਦਾ ਫਿਰ, ਖ਼ਲਕਤ ਭੀ ਮਰ ਕੇ ਮਿੱਟੀ ਹੋ ਜਾਇਗੀ ।੧।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੁਨੀਆ ਦੀ ਮਿਤ੍ਰਤਾ ਵਿਚ ਹੀ ਸੜ ਮਰਦੇ ਹਨ (ਆਤਮਕ ਜੀਵਨ ਸਾੜ ਕੇ ਸੁਆਹ ਕਰ ਲੈਂਦੇ ਹਨ । ਅੰਤ) ਜਮਰਾਜ ਦੇ ਦਰ ਤੇ ਚੋਟਾਂ ਖਾਂਦੇ ਹਨ । ਤਦੋਂ ਉਹਨਾਂ ਨੂੰ (ਹੱਥੋਂ ਖੁੰਝਿਆ ਹੋਇਆ ਮਨੁੱਖਾ ਜਨਮ ਦਾ) ਸਮਾ ਨਹੀਂ ਮਿਲਦਾ ।੨।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਦਾ ਜੀਵਨ ਸਫਲ ਹੋ ਜਾਂਦਾ ਹੈ, ਕਿਉਂਕਿ ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜੇ ਰਹਿੰਦੇ ਹਨ । ਉਹਨਾਂ ਦੇ ਅੰਦਰ ਸਰਬ-ਵਿਆਪਕ ਪਰਮਾਤਮਾ ਦਾ ਪਰਕਾਸ਼ ਹੋ ਜਾਂਦਾ ਹੈ । ਉਹ ਆਤਮਕ ਅਡੋਲਤਾ ਵਿਚ ਆਨੰਦ ਵਿਚ ਮਗਨ ਰਹਿੰਦੇ ਹਨ ।੩।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਬਾਣੀ ਨੂੰ ਭੁਲਾ ਦੇਂਦੇ ਹਨ, ਉਹ ਮਾਇਆ ਦੇ ਮੋਹ ਵਿਚ ਮਸਤ ਰਹਿੰਦੇ ਹਨ, ਉਹਨਾਂ ਦੇ ਅੰਦਰੋਂ ਮਾਇਆ ਦੀ ਤ੍ਰੇਹ ਭੁੱਖ ਦੂਰ ਨਹੀਂ ਹੁੰਦੀ, ਉਹ ਹਰ ਵੇਲੇ (ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਫਿਰਦੇ ਹਨ ।੪।

ਅਜੇਹੇ ਮਨੁੱਖ ਭੈੜੇ ਬੰਦਿਆਂ ਨਾਲ ਮਿਤ੍ਰਤਾ ਗੰਢੀ ਰੱਖਦੇ ਹਨ, ਅਤੇ ਸੰਤ ਜਨਾਂ ਨਾਲ ਵੈਰ ਕਰਦੇ ਰਹਿੰਦੇ ਹਨ । ਉਹ ਆਪ ਆਪਣੇ ਪਰਵਾਰ ਸਮੇਤ (ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ, ਆਪਣੀਆਂ ਕੁਲਾਂ ਨੂੰ ਭੀ (ਆਪਣੇ ਹੋਰ ਰਿਸ਼ਤੇਦਾਰਾਂ ਨੂੰ ਭੀ) ਨਾਲ ਹੀ ਡੋਬ ਲੈਂਦੇ ਹਨ ।੫।

ਹੇ ਭਾਈ! ਕਿਸੇ ਦੀ ਭੀ ਨਿੰਦਾ ਕਰਨੀ ਚੰਗਾ ਕੰਮ ਨਹੀਂ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਹੀ ਨਿੰਦਾ ਕਰਿਆ ਕਰਦੇ ਹਨ । (ਲੋਕ ਪਰਲੋਕ ਵਿਚ) ਉਹੀ ਬਦਨਾਮੀ ਖੱਟਦੇ ਹਨ, ਅਤੇ ਭਿਆਨਕ ਨਰਕ ਵਿਚ ਪੈਂਦੇ ਹਨ ।੬।

ਏ ਮਨ ਜੈਸਾ ਸੇਵਹਿ ਤੈਸਾ ਹੋਵਹਿ ਤੇਹੇ ਕਰਮ ਕਮਾਇ ॥ ਆਪਿ ਬੀਜਿ ਆਪੇ ਹੀ ਖਾਵਣਾ ਕਹਣਾ ਕਿਛੂ ਨ ਜਾਇ ॥੭॥ ਮਹਾ ਪੁਰਖਾ ਕਾ ਬੋਲਣਾ ਹੋਵੈ ਕਿਤੈ ਪਰਥਾਇ ॥ ਓਇ ਅੰਮ੍ਰਿਤ ਭਰੇ ਭਰਪੂਰ ਹਹਿ ਓਨਾ ਤਿਲੁ ਨ ਤਮਾਇ ॥੮॥ ਗੁਣਕਾਰੀ ਗੁਣ ਸੰਘਰੈ ਅਵਰਾ ਉਪਦੇਸੇਨਿ ॥ ਸੇ ਵਡਭਾਗੀ ਜਿ ਓਨਾ ਮਿਲਿ ਰਹੇ ਅਨਦਿਨੁ ਨਾਮੁ ਲਏਨਿ ॥੯॥ ਦੇਸੀ ਰਿਜਕੁ ਸੰਬਾਹਿ ਜਿਨਿ ਉਪਾਈ ਮੇਦਨੀ ॥ ਏਕੋ ਹੈ ਦਾਤਾਰੁ ਸਚਾ ਆਪਿ ਧਣੀ ॥੧੦॥ ਸੋ ਸਚੁ ਤੇਰੈ ਨਾਲਿ ਹੈ ਗੁਰਮੁਖਿ ਨਦਰਿ ਨਿਹਾਲਿ ॥ ਆਪੇ ਬਖਸੇ ਮੇਲਿ ਲਏ ਸੋ ਪ੍ਰਭੁ ਸਦਾ ਸਮਾਲਿ ॥੧੧॥ ਮਨੁ ਮੈਲਾ ਸਚੁ ਨਿਰਮਲਾ ਕਿਉ ਕਰਿ ਮਿਲਿਆ ਜਾਇ ॥ ਪ੍ਰਭੁ ਮੇਲੇ ਤਾ ਮਿਲਿ ਰਹੈ ਹਉਮੈ ਸਬਦਿ ਜਲਾਇ ॥੧੨॥ {ਪੰਨਾ ੭੫੫}

ਪਦ ਅਰਥ :—ਏ ਮਨ—ਹੇ ਮਨ! ਹੇ ਜੀਵ! ਜੈਸਾ ਸੇਵਹਿ—ਜਿਹੋ ਜਿਹੇ ਦੀ ਤੂੰ ਸੇਵਾ-ਭਗਤੀ ਕਰਦਾ ਹੈਂ । ਤੈਸਾ ਹੋਵਹਿ—ਤੂੰ ਉਹੋ ਜਿਹਾ ਬਣ ਜਾਂਦਾ ਹੈਂ । ਤੇਹੇ—ਉਹੋ ਜਿਹੇ । ਕਮਾਇ—ਕਮਾ ਕੇ । ਬੀਜਿ—(ਕਰਮਾਂ ਦਾ ਬੀਜ) ਬੀਜ ਕੇ । ਆਪੇ—ਆਪ ਹੀ । ਕਹਣਾ ਕਿਛੂ ਨ ਜਾਇ—(ਇਸ ਨਿਯਮ ਵਿਚ) ਕੋਈ ਇਤਰਾਜ਼ ਨਹੀਂ ਕੀਤਾ ਜਾ ਸਕਦਾ ।੭।

ਕਿਤੈ ਪਰਥਾਇ—ਕਿਸੇ ਪਰਸੰਗ ਅਨੁਸਾਰ । ਓਇ—ਮਹਾ ਪੁਰਖ {ਬਹੁ-ਵਚਨ ਲਫ਼ਜ਼ 'ਓਹ' ਤੋਂ} । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ । ਹਹਿ—ਹੁੰਦੇ ਹਨ । ਤਮਾਇ—ਲਾਲਚ, ਆਪਣੀ ਗ਼ਰਜ਼ ।੮।

ਗੁਣਕਾਰੀ—ਗੁਣ ਕਰਨ ਵਾਲਾ, ਉਪਕਾਰੀ, ਗੁਰਮੁਖਿ । ਸੰਘਰੈ—ਇੱਕਠਾ ਕਰਦਾ ਹੈ । ਉਪਦੇਸੇਨਿ—ਉਪਦੇਸ਼ ਦੇਂਦੇ ਹਨ । ਸੇ—ਉਹ {ਬਹੁ-ਵਚਨ} । ਜਿ—ਜੇਹੜੇ । ਅਨਦਿਨੁ—ਹਰ ਰੋਜ਼, ਹਰ ਵੇਲੇ । ਲਏਨਿ—ਲੈਂਦੇ ਹਨ ।੯।

ਦੇਸੀ—ਦੇਵੇਗਾ । ਸੰਬਾਹਿ—ਅਪੜਾ ਕੇ । ਜਿਨਿ—ਜਿਸ (ਪਰਮਾਤਮਾ) ਨੇ । ਮੇਦਨੀ—ਸ੍ਰਿਸ਼ਟੀ । ਧਣੀ—ਮਾਲਕ ।੧੦।

ਸਚੁ—ਸਦਾ ਕਾਇਮ ਰਹਿਣ ਵਾਲਾ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਨਦਰਿ ਨਿਹਾਲਿ—ਗਹੁ ਨਾਲ ਵੇਖ । ਸਮਾਲਿ—ਹਿਰਦੇ ਵਿਚ ਸਾਂਭ ਰੱਖ ।੧੧।

ਨਿਰਮਲਾ—ਪਵਿਤ੍ਰ । ਸਬਦਿ—ਸ਼ਬਦ ਦੀ ਰਾਹੀਂ । ਜਲਾਇ—ਸਾੜ ਕੇ ।੧੨।

ਅਰਥ :—ਹੇ (ਮੇਰੇ) ਮਨ! ਤੂੰ ਜਿਹੋ ਜਿਹੇ ਦੀ ਸੇਵਾ-ਭਗਤੀ ਕਰੇਂਗਾ, ਉਹੋ ਜਿਹੇ ਕਰਮ ਕਮਾ ਕੇ ਉਹੋ ਬਣ ਜਾਇ^ਗਾ । (ਪ੍ਰਭੂ ਦੀ ਰਜ਼ਾ ਵਿਚ ਇਹ ਨਿਯਮ ਹੈ ਕਿ ਜੀਵ ਨੇ ਇਸ ਕਰਮ-ਭੂਮੀ ਸਰੀਰ ਵਿਚ) ਆਪ ਬੀਜ ਕੇ ਆਪ ਹੀ (ਉਸ ਦਾ) ਫਲ ਖਾਣਾ ਹੁੰਦਾ ਹੈ । ਇਸ ਦੀ ਉਲੰਘਣਾ ਨਹੀਂ ਕੀਤੀ ਜਾ ਸਕਦੀ ।੭।

(ਉੱਚੀ ਆਤਮਾ ਵਾਲੇ) ਮਹਾ ਪੁਰਖਾਂ ਦਾ ਬਚਨ ਕਿਸੇ ਪਰਸੰਗ ਅਨੁਸਾਰ ਹੋਇਆ ਹੈ । ਉਹ ਮਹਾ ਪੁਰਖ ਆਤਮਕ ਜੀਵਨ ਦੇਣ ਵਾਲੇ ਨਾਮ-ਰਸ ਨਾਲ ਭਰਪੂਰ ਰਹਿੰਦੇ ਹਨ, ਉਹਨਾਂ ਨੂੰ ਕਿਸੇ ਸੇਵਾ ਆਦਿਕ ਦਾ ਲਾਲਚ ਨਹੀਂ ਹੁੰਦਾ (ਪਰ ਜੇਹੜਾ ਮਨੁੱਖ ਉਹਨਾਂ ਦੀ ਸੇਵਾ ਕਰਦਾ ਹੈ, ਉਸ ਨੂੰ ਉਹਨਾਂ ਪਾਸੋਂ ਆਤਮਕ ਜੀਵਨ ਮਿਲ ਜਾਂਦਾ ਹੈ) ।੮।

ਉਹ ਮਹਾ ਪੁਰਖ ਹੋਰਨਾਂ ਨੂੰ (ਭੀ ਨਾਮ ਜਪਣ ਦਾ) ਉਪਦੇਸ਼ ਕਰਦੇ ਹਨ । ਗੁਣ ਗ੍ਰਹਿਣ ਕਰਨ ਵਾਲਾ ਮਨੁੱਖ (ਉਹਨਾਂ ਪਾਸੋਂ) ਗੁਣ ਗ੍ਰਹਿਣ ਕਰ ਲੈਂਦਾ ਹੈ । ਸੋ, ਜੇਹੜੇ ਮਨੁੱਖ ਉਹਨਾਂ ਮਹਾ ਪੁਰਖਾਂ ਦੀ ਸੰਗਤਿ ਵਿਚ ਰਹਿੰਦੇ ਹਨ, ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ, ਉਹ ਭੀ ਹਰ ਵੇਲੇ ਨਾਮ ਜਪਣ ਲੱਗ ਪੈਂਦੇ ਹਨ ।੯।

ਹੇ ਭਾਈ! ਜਿਸ ਪਰਮਾਤਮਾ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ ਉਹ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ । ਉਹੀ ਆਪ ਸਭ ਦਾਤਾਂ ਦੇਣ ਵਾਲਾ ਹੈ । ਉਹ ਮਾਲਕ ਸਦਾ ਕਾਇਮ ਰਹਿਣ ਵਾਲਾ (ਭੀ) ਹੈ ।੧੦।

ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਤੇਰੇ ਅੰਗ-ਸੰਗ ਵੱਸਦਾ ਹੈ । ਗੁਰੂ ਦੀ ਸਰਨ ਪੈ ਕੇ ਤੂੰ ਉਸ ਨੂੰ ਆਪਣੀ ਅੱਖੀਂ ਵੇਖ ਲੈ । (ਜਿਸ ਮਨੁੱਖ ਉਤੇ ਉਹ) ਆਪ ਹੀ ਬਖ਼ਸ਼ਸ਼ ਕਰਦਾ ਹੈ ਉਸ ਨੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ । ਹੇ ਭਾਈ! ਉਸ ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖ ।੧੧।

ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਸਦਾ) ਪਵਿਤ੍ਰ ਹੈ, (ਜਦੋਂ ਤਕ ਮਨੁੱਖ ਦਾ) ਮਨ (ਵਿਕਾਰਾਂ ਨਾਲ) ਮੈਲਾ ਰਹੇ, ਉਸ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ । ਜੀਵ ਤਦੋਂ ਹੀ ਉਸ ਪ੍ਰਭੂ ਦੇ ਚਰਨਾਂ ਵਿਚ ਮਿਲ ਸਕਦਾ ਹੈ, ਜਦੋਂ ਪ੍ਰਭੂ ਆਪ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੇ ਅੰਦਰ ਦੀ ਹਉਮੈ ਸਾੜ ਕੇ ਉਸ ਨੂੰ ਆਪਣੇ ਨਾਲ ਮਿਲਾਂਦਾ ਹੈ ।੧੨।

ਸੋ ਸਹੁ ਸਚਾ ਵੀਸਰੈ ਧ੍ਰਿਗੁ ਜੀਵਣੁ ਸੰਸਾਰਿ ॥ ਨਦਰਿ ਕਰੇ ਨਾ ਵੀਸਰੈ ਗੁਰਮਤੀ ਵੀਚਾਰਿ ॥੧੩॥ ਸਤਿਗੁਰੁ ਮੇਲੇ ਤਾ ਮਿਲਿ ਰਹਾ ਸਾਚੁ ਰਖਾ ਉਰਧਾਰਿ ॥ ਮਿਲਿਆ ਹੋਇ ਨ ਵੀਛੁੜੈ ਗੁਰ ਕੈ ਹੇਤਿ ਪਿਆਰਿ ॥੧੪॥ ਪਿਰੁ ਸਾਲਾਹੀ ਆਪਣਾ ਗੁਰ ਕੈ ਸਬਦਿ ਵੀਚਾਰਿ ॥ ਮਿਲਿ ਪ੍ਰੀਤਮ ਸੁਖੁ ਪਾਇਆ ਸੋਭਾਵੰਤੀ ਨਾਰਿ

॥੧੫॥ ਮਨਮੁਖ ਮਨੁ ਨ ਭਿਜਈ ਅਤਿ ਮੈਲੇ ਚਿਤਿ ਕਠੋਰ ॥ ਸਪੈ ਦੁਧੁ ਪੀਆਈਐ ਅੰਦਰਿ ਵਿਸੁ ਨਿਕੋਰ ॥੧੬॥ ਆਪਿ ਕਰੇ ਕਿਸੁ ਆਖੀਐ ਆਪੇ ਬਖਸਣਹਾਰੁ ॥ ਗੁਰ ਸਬਦੀ ਮੈਲੁ ਉਤਰੈ ਤਾ ਸਚੁ ਬਣਿਆ ਸੀਗਾਰੁ ॥੧੭॥ ਸਚਾ ਸਾਹੁ ਸਚੇ ਵਣਜਾਰੇ ਓਥੈ ਕੂੜੇ ਨ ਟਿਕੰਨਿ ॥ ਓਨਾ ਸਚੁ ਨ ਭਾਵਈ ਦੁਖ ਹੀ ਮਾਹਿ ਪਚੰਨਿ ॥੧੮॥ {ਪੰਨਾ ੭੫੫}

ਪਦ ਅਰਥ :—ਸਹੁ—ਖਸਮ, ਸ਼ਹੁ । ਧ੍ਰਿਗੁ—ਫਿਟਕਾਰ-ਜੋਗ । ਸੰਸਾਰਿ—ਸੰਸਾਰ ਵਿਚ । ਨਦਰਿ—ਮੇਹਰ ਦੀ ਨਿਗਾਹ । ਗੁਰਮਤੀ—ਗੁਰੂ ਦੀ ਮਤਿ ਲੈ ਕੇ । ਵੀਚਾਰਿ—ਹਰਿ-ਨਾਮ ਦੀ ਵਿਚਾਰ ਕਰਦਾ ਹੈ ।੧੩।

ਮਿਲਿ ਰਹਾ—ਮਿਲਿ ਰਹਾਂ, ਮੈਂ ਮਿਲਿਆ ਰਹਿ ਸਕਦਾ ਹਾਂ । ਰਖਾ—ਰੱਖਾਂ, ਮੈਂ ਰੱਖ ਸਕਦਾ ਹਾਂ । ਉਰ—ਹਿਰਦਾ । ਧਾਰਿ—ਟਿਕਾ ਕੇ । ਕੈ ਹੇਤਿ ਪਿਆਰਿ—ਦੇ ਪਿਆਰ ਹਿਤ ਦੀ ਬਰਕਤਿ ਨਾਲ ।੧੪।

ਪਿਰੁ ਸਾਲਾਹੀ—ਹੇ ਭਾਈ! ਤੂੰ ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਕਰਿਆ ਕਰ । ਵੀਚਾਰਿ—ਸੁਰਤਿ ਜੋੜ ਕੇ । ਸਬਦਿ—ਸ਼ਬਦ ਵਿਚ । ਮਿਲਿ—ਮਿਲ ਕੇ ।੧੫।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਅਤਿ—ਬਹੁਤ । ਚਿਤਿ—ਚਿੱਤ ਵਿਚ । ਸਪੈ—ਸੱਪ ਨੂੰ । ਵਿਸੁ—ਜ਼ਹਿਰ । ਨਿਕੋਰ—ਨਿਰੋਲ ।੧੬।

ਸਬਦੀ—ਸ਼ਬਦ ਦੀ ਰਾਹੀਂ । ਸਚੁ—ਸਦਾ-ਥਿਰ ਰਹਿਣ ਵਾਲਾ ।੧੭।

ਵਣਜਾਰੇ—ਵਣਜ ਕਰਨ ਵਾਲੇ । ਓਥੈ—ਉਸ ਸ਼ਾਹ ਦੇ ਦਰਬਾਰ ਵਿਚ । ਕੂੜੇ—ਮਾਇਆ ਨਾਲ ਹੀ ਪਿਆਰ ਕਰਨ ਵਾਲੇ । ਟਿਕੰਨਿ—ਟਿਕ ਸਕਦੇ । ਨ ਭਾਵਈ—ਨ ਭਾਵੈ, ਪਸੰਦ ਨਹੀਂ ਆਉਂਦਾ । ਸਚੁ—ਸਦਾ-ਥਿਰ ਪ੍ਰਭੂ ਦਾ ਨਾਮ । ਪਚੰਨਿ—ਖ਼ੁਆਰ ਹੁੰਦੇ ਹਨ ।੧੮।

ਅਰਥ :—ਹੇ ਭਾਈ! ਜੇ ਉਹ ਸਦਾ ਕਾਇਮ ਰਹਿਣ ਵਾਲਾ ਖਸਮ-ਪ੍ਰਭੂ ਭੁੱਲ ਜਾਏ, ਤਾਂ ਜਗਤ ਵਿਚ ਜੀਊਣਾ ਫਿਟਕਾਰ-ਜੋਗ ਹੈ । ਜਿਸ ਮਨੁੱਖ ਉਤੇ ਪ੍ਰਭੂ ਆਪ ਮੇਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਪ੍ਰਭੂ ਨਹੀਂ ਭੁੱਲਦਾ । ਉਹ ਮਨੁੱਖ ਗੁਰੂ ਦੀ ਮਤਿ ਦੀ ਬਰਕਤਿ ਨਾਲ ਹਰਿ-ਨਾਮ ਵਿਚ ਸੁਰਤਿ ਜੋੜਦਾ ਹੈ ।੧੩।

ਹੇ ਭਾਈ! (ਅਸਾਂ ਜੀਵਾਂ ਦਾ ਕੋਈ ਆਪਣਾ ਜ਼ੋਰ ਨਹੀਂ ਚੱਲ ਸਕਦਾ) ਜੇ ਗੁਰੂ (ਮੈਨੂੰ ਪ੍ਰਭੂ ਨਾਲ) ਮਿਲਾ ਦੇਵੇ, ਤਾਂ ਹੀ ਮੈਂ ਮਿਲਿਆ ਰਹਿ ਸਕਦਾ ਹਾਂ, ਅਤੇ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਮੈਂ ਆਪਣੇ ਹਿਰਦੇ ਵਿਚ ਟਿਕਾ ਕੇ ਰੱਖ ਸਕਦਾ ਹਾਂ । ਹੇ ਭਾਈ! ਗੁਰੂ ਦੇ ਪਿਆਰ ਦੀ ਬਰਕਤਿ ਨਾਲ ਜੇਹੜਾ ਮਨੁੱਖ ਪ੍ਰਭੂ-ਚਰਨਾਂ ਵਿਚ ਮਿਲ ਜਾਏ, ਉਹ ਫਿਰ ਕਦੇ ਉਥੋਂ ਨਹੀਂ ਵਿਛੁੜਦਾ ।੧੪।

ਹੇ ਭਾਈ! ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜ ਕੇ ਤੂੰ ਭੀ ਆਪਣੇ ਖਸਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਿਆ ਕਰ । ਪ੍ਰੀਤਮ ਪ੍ਰਭੂ ਨੂੰ ਮਿਲ ਕੇ ਜਿਸ ਜੀਵ-ਇਸਤ੍ਰੀ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ, ਉਸ ਨੇ (ਲੋਕ ਪਰਲੋਕ ਵਿਚ) ਸੋਭਾ ਖੱਟ ਲਈ ।੧੫।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਮਨ ਪਰਮਾਤਮਾ ਦੇ ਨਾਮ ਵਿਚ ਨਹੀਂ ਭਿੱਜਦਾ (ਹਰਿ-ਨਾਮ ਨਾਲ ਪਿਆਰ ਨਹੀਂ ਪਾਂਦਾ) । ਉਹ ਮਨੁੱਖ ਆਪਣੇ ਮਨ ਵਿਚ ਮੈਲੇ ਅਤੇ ਕਠੋਰ ਰਹਿੰਦੇ ਹਨ । ਜੇ ਸੱਪ ਨੂੰ ਦੁੱਧ ਭੀ ਪਿਲਾਇਆ ਜਾਏ, ਤਾਂ ਭੀ ਉਸ ਦੇ ਅੰਦਰ ਨਿਰੋਲ ਜ਼ਹਿਰ ਹੀ ਟਿਕਿਆ ਰਹਿੰਦਾ ਹੈ ।੧੬।

ਹੇ ਭਾਈ! (ਸਭ ਜੀਵਾਂ ਵਿਚ ਵਿਆਪਕ ਹੋ ਕੇ ਸਭ ਕੁਝ) ਪ੍ਰਭੂ ਆਪ ਹੀ ਕਰ ਰਿਹਾ ਹੈ । ਕਿਸ ਨੂੰ (ਚੰਗਾ ਜਾਂ ਮੰਦਾ) ਆਖਿਆ ਜਾ ਸਕਦਾ ਹੈ? (ਕੁਰਾਹੇ ਪਏ ਜੀਵਾਂ ਉਤੇ ਭੀ) ਉਹ ਆਪ ਹੀ ਬਖ਼ਸ਼ਸ਼ ਕਰਨ ਵਾਲਾ ਹੈ । ਜਦੋਂ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਕਿਸੇ ਮਨੁੱਖ ਦੇ ਮਨ ਦੀ) ਮੈਲ ਲਹਿ ਜਾਂਦੀ ਹੈ, ਤਾਂ ਉਸ ਦੇ ਆਤਮਾ ਨੂੰ ਸਦਾ ਕਾਇਮ ਰਹਿਣ ਵਾਲੀ ਸੁੰਦਰਤਾ ਮਿਲ ਜਾਂਦੀ ਹੈ ।੧੭।

ਹੇ ਭਾਈ! (ਹਰਿ-ਨਾਮ-ਸਰਮਾਏ ਦਾ ਮਾਲਕ) ਸ਼ਾਹ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੇ ਨਾਮ ਦਾ ਵਣਜ ਕਰਨ ਵਾਲੇ ਭੀ ਅਟੱਲ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । ਪਰ ਉਸ ਸ਼ਾਹ ਦੇ ਦਰਬਾਰ ਵਿਚ ਕੂੜੀ ਦੁਨੀਆ ਦੇ ਵਣਜਾਰੇ ਨਹੀਂ ਟਿਕ ਸਕਦੇ । ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਪਸੰਦ ਨਹੀਂ ਆਉਂਦਾ, ਤੇ, ਉਹ ਸਦਾ ਦੁੱਖ ਵਿਚ ਹੀ ਖ਼ੁਆਰ ਹੁੰਦੇ ਰਹਿੰਦੇ ਹਨ ।੧੮।

ਹਉਮੈ ਮੈਲਾ ਜਗੁ ਫਿਰੈ ਮਰਿ ਜੰਮੈ ਵਾਰੋ ਵਾਰ ॥ ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰ ॥੧੯॥ ਸੰਤਾ ਸੰਗਤਿ ਮਿਲਿ ਰਹੈ ਤਾ ਸਚਿ ਲਗੈ ਪਿਆਰੁ ॥ ਸਚੁ ਸਲਾਹੀ ਸਚੁ ਮਨਿ ਦਰਿ ਸਚੈ ਸਚਿਆਰੁ ॥੨੦॥ ਗੁਰ ਪੂਰੇ ਪੂਰੀ ਮਤਿ ਹੈ ਅਹਿਨਿਸਿ ਨਾਮੁ ਧਿਆਇ ॥ ਹਉਮੈ ਮੇਰਾ ਵਡ ਰੋਗੁ ਹੈ ਵਿਚਹੁ ਠਾਕਿ ਰਹਾਇ ॥੨੧॥ ਗੁਰੁ ਸਾਲਾਹੀ ਆਪਣਾ ਨਿਵਿ ਨਿਵਿ ਲਾਗਾ ਪਾਇ ॥ ਤਨੁ ਮਨੁ ਸਉਪੀ ਆਗੈ ਧਰੀ ਵਿਚਹੁ ਆਪੁ ਗਵਾਇ ॥੨੨॥ ਖਿੰਚੋਤਾਣਿ ਵਿਗੁਚੀਐ ਏਕਸੁ ਸਿਉ ਲਿਵ ਲਾਇ ॥ ਹਉਮੈ ਮੇਰਾ ਛਡਿ ਤੂ ਤਾ ਸਚਿ ਰਹੈ ਸਮਾਇ ॥੨੩॥ {ਪੰਨਾ ੭੫੬}

ਪਦ ਅਰਥ :—ਮੈਲਾ—ਮੈਲੇ ਮਨ ਵਾਲਾ । ਵਾਰੋ ਵਾਰ—ਮੁੜ ਮੁੜ । ਪਇਐ ਕਿਰਤਿ—ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ।੧੯।

ਸਚਿ—ਸਦਾ-ਥਿਰ ਪ੍ਰਭੂ ਵਿਚ । ਸਲਾਹੀ—ਸਾਲਾਹਿ, ਸਿਫ਼ਤਿ-ਸਾਲਾਹ ਕਰ । ਮਨਿ—ਮਨ ਵਿਚ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਚਿਆਰੁ—ਸੁਰਖ਼-ਰੂ ।੨੦।

ਪੂਰੀ—ਉਕਾਈ-ਹੀਣ । ਅਹਿ—ਦਿਨ । ਨਿਸਿ—ਰਾਤ । ਠਾਕਿ ਰਹਾਇ—ਰੋਕ ਕੇ ਰੱਖਦਾ ਹੈ ।੨੧।

ਸਾਲਾਹੀ—ਸਾਲਾਹੀਂ, ਮੈਂ ਸਿਫ਼ਤਿ-ਸਾਲਾਹ ਕਰਾਂ । ਨਿਵਿ—ਨਿਊਂ ਕੇ । ਲਾਗਾ—ਲਾਗਾਂ, ਮੈਂ ਲੱਗਾਂ । ਪਾਇ—ਪੈਰੀਂ । ਸਉਪੀ—ਸਉਪੀਂ, ਮੈਂ ਸਉਂਪ ਦਿਆਂ । ਧਰੀ—ਧਰੀਂ, ਮੈਂ ਧਰ ਦਿਆਂ । ਆਪੁ—ਆਪਾ-ਭਾਵ । ਗਵਾਇ—ਦੂਰ ਕਰ ਕੇ ।੨੨।

ਖਿੰਚੋਤਾਨਿ—ਖਿੰਚੋਤਾਣ ਵਿਚ, ਡਾਂਵਾਂ-ਡੋਲ ਹਾਲਤ ਵਿਚ । ਵਿਗੁਚੀਐ—ਖ਼ੁਆਰ ਹੋਈਦਾ ਹੈ । ਲਿਵ ਲਾਇ—ਪਿਆਰ ਜੋੜ । ਮੇਰਾ—ਮਮਤਾ । ਸਚਿ—ਸਦਾ-ਥਿਰ ਪ੍ਰਭੂ ਵਿਚ ।੨੩।

ਅਰਥ :—ਹੇ ਭਾਈ! ਹਉਮੈ (ਦੀ ਮੈਲ) ਨਾਲ ਮੈਲਾ ਹੋਇਆ ਹੋਇਆ ਜਗਤ ਭਟਕ ਰਿਹਾ ਹੈ, ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਰਹਿੰਦਾ ਹੈ, ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਓਹੋ ਜਿਹੇ ਹੀ ਹੋਰ ਕਰਮ ਕਰੀ ਜਾਂਦਾ ਹੈ । (ਕਰਮਾਂ ਦੀ ਬਣੀ ਇਸ ਫਾਹੀ ਨੂੰ) ਕੋਈ ਮਿਟਾ ਨਹੀਂ ਸਕਦਾ ।੧੯।

ਹੇ ਭਾਈ! ਜੇ ਮਨੁੱਖ ਸਾਧ ਸੰਗਤਿ ਵਿਚ ਟਿਕਿਆ ਰਹੇ, ਤਾਂ ਇਸ ਦਾ ਪਿਆਰ ਸਦਾ-ਥਿਰ ਪ੍ਰਭੂ ਵਿਚ ਬਣ ਜਾਂਦਾ ਹੈ । ਹੇ ਭਾਈ! ਤੂੰ (ਸਾਧ ਸੰਗਤਿ ਵਿਚ ਟਿਕ ਕੇ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਿਆ ਕਰ, ਸਦਾ-ਥਿਰ ਪ੍ਰਭੂ ਨੂੰ ਆਪਣੇ ਮਨ ਵਿਚ ਵਸਾ ਲੈ, (ਇਸ ਤਰ੍ਹਾਂ) ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋਵੇਂਗਾ ।੨੦।

ਹੇ ਭਾਈ! ਪੂਰੇ ਗੁਰੂ ਦੀ ਮਤਿ ਉਕਾਈ-ਹੀਣ ਹੈ । (ਜੇਹੜਾ ਮਨੁੱਖ ਗੁਰੂ ਦੀ ਪੂਰੀ ਮਤਿ ਲੈ ਕੇ) ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਹ ਮਨੁੱਖ ਹਉਮੈ ਅਤੇ ਮਮਤਾ ਦੇ ਵੱਡੇ ਰੋਗ ਨੂੰ ਆਪਣੇ ਅੰਦਰੋਂ ਰੋਕ ਦੇਂਦਾ ਹੈ ।੨੧।

ਹੇ ਭਾਈ! (ਜੇ ਪ੍ਰਭੂ ਮੇਹਰ ਕਰੇ, ਤਾਂ) ਮੈਂ ਆਪਣੇ ਗੁਰੂ ਦੀ ਵਡਿਆਈ ਕਰਾਂ, ਨਿਊਂ ਨਿਊਂ ਕੇ ਮੈਂ ਗੁਰੂ ਦੀ ਚਰਨੀਂ ਲੱਗਾਂ, ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਆਪਣਾ ਮਨ ਆਪਣਾ ਤਨ ਗੁਰੂ ਦੇ ਹਵਾਲੇ ਕਰ ਦਿਆਂ, ਗੁਰੂ ਦੇ ਅੱਗੇ ਰੱਖ ਦਿਆਂ ।੨੨।

ਹੇ ਭਾਈ! ਡਾਂਵਾਂ-ਡੋਲ ਹਾਲਤ ਵਿਚ ਰਿਹਾਂ ਖ਼ੁਆਰ ਹੋਈਦਾ ਹੈ । ਇਕ ਪਰਮਾਤਮਾ ਨਾਲ ਹੀ ਸੁਰਤਿ ਜੋੜੀ ਰੱਖ । ਆਪਣੇ ਅੰਦਰੋਂ ਹਉਮੈ ਦੂਰ ਕਰ, ਮਮਤਾ ਦੂਰ ਕਰ । (ਜਦੋਂ ਮਨੁੱਖ ਹਉਮੈ ਮਮਤਾ ਦੂਰ ਕਰਦਾ ਹੈ) ਤਦੋਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋਇਆ ਰਹਿੰਦਾ ਹੈ ।੨੩।

ਸਤਿਗੁਰ ਨੋ ਮਿਲੇ ਸਿ ਭਾਇਰਾ ਸਚੈ ਸਬਦਿ ਲਗੰਨਿ ॥ ਸਚਿ ਮਿਲੇ ਸੇ ਨ ਵਿਛੁੜਹਿ ਦਰਿ ਸਚੈ ਦਿਸੰਨਿ ॥੨੪॥ ਸੇ ਭਾਈ ਸੇ ਸਜਣਾ ਜੋ ਸਚਾ ਸੇਵੰਨਿ ॥ ਅਵਗਣ ਵਿਕਣਿ ਪਲ੍ਹਰਨਿ ਗੁਣ ਕੀ ਸਾਝ ਕਰੰਨ੍ਹਿ ॥੨੫॥ ਗੁਣ ਕੀ ਸਾਝ ਸੁਖੁ ਊਪਜੈ ਸਚੀ ਭਗਤਿ ਕਰੇਨਿ ॥ ਸਚੁ ਵਣੰਜਹਿ ਗੁਰ ਸਬਦ ਸਿਉ ਲਾਹਾ ਨਾਮੁ ਲਏਨਿ ॥੨੬॥ ਸੁਇਨਾ ਰੁਪਾ ਪਾਪ ਕਰਿ ਕਰਿ ਸੰਚੀਐ ਚਲੈ ਨ ਚਲਦਿਆ ਨਾਲਿ ॥ ਵਿਣੁ ਨਾਵੈ ਨਾਲਿ ਨ ਚਲਸੀ ਸਭ ਮੁਠੀ ਜਮ ਕਾਲਿ ॥੨੭॥ ਮਨ ਕਾ ਤੋਸਾ ਹਰਿ ਨਾਮੁ ਹੈ ਹਿਰਦੈ ਰਖਹੁ ਸਮ੍ਹਾਲਿ ॥ ਏਹੁ ਖਰਚੁ ਅਖੁਟੁ ਹੈ ਗੁਰਮੁਖਿ ਨਿਬਹੈ ਨਾਲਿ ॥੨੮॥ ਏ ਮਨ ਮੂਲਹੁ ਭੁਲਿਆ ਜਾਸਹਿ ਪਤਿ ਗਵਾਇ ॥ ਇਹੁ ਜਗਤੁ ਮੋਹਿ ਦੂਜੈ ਵਿਆਪਿਆ ਗੁਰਮਤੀ ਸਚੁ ਧਿਆਇ ॥੨੯॥ {ਪੰਨਾ ੭੫੬}

ਪਦ ਅਰਥ :—ਨੋ—ਨੂੰ । ਸਿ—ਉਹ ਮਨੁੱਖ {ਸੇ=ਬਹੁ-ਬਚਨ} । ਭਾਇਰਾ—(ਮੇਰੇ) ਭਰਾ । ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ । ਲਗੰਨਿ—ਲੱਗਦੇ ਹਨ, ਚਿੱਤ ਜੋੜਦੇ ਹਨ । ਸਚਿ—ਸਦਾ-ਥਿਰ ਪ੍ਰਭੂ ਵਿਚ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ ।੨੪।

ਸੇ—ਉਹ ਮਨੁੱਖ {ਬਹੁ-ਵਚਨ} । ਸੇਵੰਨਿ—ਸਿਮਰਦੇ ਹਨ । ਵਿਕਣਿ—ਵਿਕਣ ਨਾਲ । ਅਵਗਣ ਵਿਕਣਿ—ਅਉਗਣਾਂ ਦੇ ਵਿਕ ਜਾਣ ਨਾਲ । ਪਲ੍ਹਰਨਿ—ਪਲ੍ਹਰਦੇ ਹਨ, ਪ੍ਰਫੁਲਤ ਹੁੰਦੇ ਹਨ ।੨੫।

ਸਚੀ ਭਗਤਿ—ਸਦਾ ਕਾਇਮ ਰਹਿਣ ਵਾਲੀ ਹਰਿ-ਭਗਤੀ । ਕਰੰਨ੍ਹਿ—ਕਰਦੇ ਹਨ । ਵਣੰਜਹਿ—ਵਿਹਾਝਦੇ ਹਨ । ਸਿਉ—ਨਾਲ, ਦੀ ਰਾਹੀਂ । ਲਾਹਾ—ਲਾਭ । ਲਏਨਿ—ਲੈਂਦੇ ਹਨ ।੨੬।

ਰੁਪਾ—ਚਾਂਦੀ । ਸੰਚੀਐ—ਇਕੱਠਾ ਕਰੀਦਾ ਹੈ । ਨ ਚਲਸੀ—ਨਹੀਂ ਚੱਲੇਗਾ । ਸਭ—ਸਾਰੀ ਲੁਕਾਈ । ਮੁਠੀ—ਲੁੱਟ ਲਈ । ਜਮਕਾਲਿ—ਜਮ-ਕਾਲ ਨੇ, ਮੌਤ ਨੇ, ਆਤਮਕ ਮੌਤ ਨੇ ।੨੭।

ਤੋਸਾ—ਰਸਤੇ ਦਾ ਖ਼ਰਚ । ਸਮ੍ਹਾਲਿ—ਸੰਭਾਲ ਕੇ । ਅਖੁਟੁ—ਕਦੇ ਨਾਹ ਮੁੱਕਣ ਵਾਲਾ । ਗੁਰਮੁਖਿ—ਉਹ ਮਨੁੱਖ ਜੋ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ ।੨੮।

ਮੂਲਹੁ—ਮੂਲ ਤੋਂ, ਪਰਮਾਤਮਾ ਤੋਂ । ਜਾਸਹਿ—ਜਾਵੇਂਗਾ । ਪਤਿ—ਇੱਜ਼ਤ । ਗਵਾਇ—ਗਵਾ ਕੇ । ਮੋਹ—ਮੋਹ ਵਿਚ । ਮੋਹਿ ਦੂਜੇ—ਦੂਜੇ ਦੇ ਮੋਹ ਵਿਚ, ਮਾਇਆ ਦੇ ਮੋਹ ਵਿਚ । ਵਿਆਖਿਆ—ਫਸਿਆ ਹੋਇਆ ਹੈ । ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ।੨੯।

ਅਰਥ :—ਹੇ ਭਾਈ! (ਮੇਰੇ) ਉਹ ਮਨੁੱਖ ਭਰਾ ਹਨ, ਜੇਹੜੇ ਗੁਰੂ ਦੀ ਸਰਨ ਵਿਚ ਆ ਪਏ ਹਨ, ਅਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਚਿੱਤ ਜੋੜਦੇ ਹਨ । ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ, ਉਹ (ਫਿਰ ਪ੍ਰਭੂ ਨਾਲੋਂ) ਨਹੀਂ ਵਿਛੁੜਦੇ । ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ (ਟਿਕੇ ਹੋਏ) ਦਿੱਸਦੇ ਹਨ ।੨੪।

ਹੇ ਭਾਈ! ਮੇਰੇ ਉਹ ਮਨੁੱਖ ਭਰਾ ਹਨ ਸੱਜਣ ਹਨ, ਜੇਹੜੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ । (ਗੁਣਾਂ, ਦੇ ਵੱਟੇ) ਅਉਗਣ ਵਿਕ ਜਾਣ ਨਾਲ (ਦੂਰ ਹੋ ਜਾਣ ਨਾਲ) ਉਹ ਮਨੁੱਖ (ਆਤਮਕ ਜੀਵਨ ਵਿਚ) ਪ੍ਰਫੁਲਤ ਹੁੰਦੇ ਹਨ, ਉਹ ਮਨੁੱਖ ਪਰਮਾਤਮਾ ਦੇ ਗੁਣਾਂ ਨਾਲ ਸਾਂਝ ਪਾਂਦੇ ਹਨ ।੨੫।

ਹੇ ਭਾਈ! ਗੁਰੂ ਨਾਲ (ਆਤਮਕ) ਸਾਂਝ ਦੀ ਬਰਕਤਿ ਨਾਲ (ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਉਹ ਪਰਮਾਤਮਾ ਦੀ ਅਟੱਲ ਰਹਿਣ ਵਾਲੀ

ਭਗਤੀ ਕਰਦੇ ਰਹਿੰਦੇ ਹਨ । ਉਹ ਮਨੁੱਖ ਗੁਰੂ ਦੇ ਸ਼ਬਦ ਨਾਲ ਸਦਾ-ਥਿਰ ਪ੍ਰਭੂ ਦਾ ਨਾਮ ਵਿਹਾਝਦੇ ਹਨ ਅਤੇ ਹਰਿ-ਨਾਮ (ਦਾ) ਲਾਭ ਖੱਟਦੇ ਹਨ ।੨੬।

ਹੇ ਭਾਈ! (ਕਈ ਕਿਸਮ ਦੇ) ਪਾਪ ਕਰ ਕਰ ਕੇ ਸੋਨਾ ਚਾਂਦੀ (ਆਦਿਕ ਧਨ) ਇਕੱਠਾ ਕਰੀਦਾ ਹੈ, ਪਰ (ਜਗਤ ਤੋਂ) ਤੁਰਨ ਵੇਲੇ (ਉਹ ਧਨ ਮਨੁੱਖ ਦੇ) ਨਾਲ ਨਹੀਂ ਜਾਂਦਾ । ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਚੀਜ਼ ਮਨੁੱਖ ਦੇ ਨਾਲ ਨਹੀਂ ਜਾਵੇਗੀ । ਨਾਮ ਤੋਂ ਸੁੰਞੀ ਸਾਰੀ ਲੁਕਾਈ ਆਤਮਕ ਮੌਤ ਦੀ ਹੱਥੀ ਲੁੱਟੀ ਜਾਂਦੀ ਹੈ (ਆਪਣਾ ਆਤਮਕ ਜੀਵਨ ਲੁਟਾ ਬੈਠਦੀ ਹੈ) ।੨੭।

ਹੇ ਭਾਈ! ਮਨੁੱਖ ਦੇ ਮਨ ਵਾਸਤੇ ਪਰਮਾਤਮਾ ਦਾ ਨਾਮ ਹੀ (ਜੀਵਨ-ਸਫ਼ਰ ਦਾ) ਖ਼ਰਚ ਹੈ । ਇਸ ਸਫ਼ਰ-ਖ਼ਰਚ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖੋ । ਇਹ ਖ਼ਰਚ ਕਦੇ ਮੁੱਕਣ ਵਾਲਾ ਨਹੀਂ ਹੈ । ਜੇਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, ਉਸ ਦੇ ਨਾਲ ਇਹ ਸਦਾ ਲਈ ਸਾਥ ਬਣਾਂਦਾ ਹੈ ।੨੮।

ਜਗਤ ਦੇ ਮੂਲ ਪਰਮਾਤਮਾ ਤੋਂ ਖੁੰਝੇ ਹੋਏ ਹੇ ਮਨ! (ਜੇ ਤੂੰ ਇਸੇ ਤਰ੍ਹਾਂ ਖੁੰਝਿਆ ਹੀ ਰਿਹਾ, ਤਾਂ) ਆਪਣੀ ਇੱਜ਼ਤ ਗਵਾ ਕੇ (ਇਥੋਂ) ਜਾਵੇਂਗਾ । ਇਹ ਜਗਤ ਤਾਂ ਮਾਇਆ ਦੇ ਮੋਹ ਵਿਚ ਫਸਿਆ ਪਿਆ ਹੈ (ਤੂੰ ਇਸ ਨਾਲ ਆਪਣਾ ਮੋਹ ਛੱਡ, ਅਤੇ) ਗੁਰੂ ਦੀ ਮਤਿ ਉਤੇ ਤੁਰ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ ।੨੯।

ਹਰਿ ਕੀ ਕੀਮਤਿ ਨ ਪਵੈ ਹਰਿ ਜਸੁ ਲਿਖਣੁ ਨ ਜਾਇ ॥ ਗੁਰ ਕੈ ਸਬਦਿ ਮਨੁ ਤਨੁ ਰਪੈ ਹਰਿ ਸਿਉ ਰਹੈ ਸਮਾਇ ॥੩੦॥ ਸੋ ਸਹੁ ਮੇਰਾ ਰੰਗੁਲਾ ਰੰਗੇ ਸਹਜਿ ਸੁਭਾਇ ॥ ਕਾਮਣਿ ਰੰਗੁ ਤਾ ਚੜੈ ਜਾ ਪਿਰ ਕੈ ਅੰਕਿ ਸਮਾਇ ॥੩੧॥ ਚਿਰੀ ਵਿਛੁੰਨੇ ਭੀ ਮਿਲਨਿ ਜੋ ਸਤਿਗੁਰੁ ਸੇਵੰਨਿ ॥ ਅੰਤਰਿ ਨਵ ਨਿਧਿ ਨਾਮੁ ਹੈ ਖਾਨਿ ਖਰਚਨਿ ਨ ਨਿਖੁਟਈ ਹਰਿ ਗੁਣ ਸਹਜਿ ਰਵੰਨਿ ॥੩੨॥ ਨਾ ਓਇ ਜਨਮਹਿ ਨਾ ਮਰਹਿ ਨਾ ਓਇ ਦੁਖ ਸਹੰਨਿ ॥ ਗੁਰਿ ਰਾਖੇ ਸੇ ਉਬਰੇ ਹਰਿ ਸਿਉ ਕੇਲ ਕਰੰਨਿ ॥੩੩॥ ਸਜਣ ਮਿਲੇ ਨ ਵਿਛੁੜਹਿ ਜਿ ਅਨਦਿਨੁ ਮਿਲੇ ਰਹੰਨਿ ॥ ਇਸੁ ਜਗ ਮਹਿ ਵਿਰਲੇ ਜਾਣੀਅਹਿ ਨਾਨਕ ਸਚੁ ਲਹੰਨਿ ॥੩੪॥੧॥੩॥ {ਪੰਨਾ ੭੫੬}

ਪਦ ਅਰਥ :—ਜਸੁ—ਸੋਭਾ, ਵਡਿਆਈ । ਕੈ ਸਬਦਿ—ਦੇ ਸ਼ਬਦਿ ਵਿਚ । ਸਿਉ—ਨਾਲ ।੩੦।

ਸਹੁ—ਸ਼ਹੁ, ਖਸਮ-ਪ੍ਰਭੂ । ਰੰਗੁਲਾ—ਰੰਗੀਲਾ, ਆਨੰਦ-ਸਰੂਪ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਕਾਮਣਿ—ਜੀਵ-ਇਸਤ੍ਰੀ । ਰੰਗੁ—ਪ੍ਰੇਮ ਰੰਗ । ਤਾ—ਤਾਂ, ਤਦੋਂ । ਜਾ—ਜਾਂ, ਜਦੋਂ । ਕੈ ਅੰਕਿ—ਦੀ ਗੋਦ ਵਿਚ, ਦੇ ਚਰਨਾਂ ਵਿਚ ।੩੧।

ਮਿਲਨਿ—ਮਿਲ ਪੈਂਦੇ ਹਨ । ਸੇਵੰਨਿ—ਸਰਨ ਪੈਂਦੇ ਹਨ । ਅੰਤਰਿ—(ਹਰੇਕ ਦੇ) ਅੰਦਰ । ਨਵਨਿਧਿ—ਧਰਤੀ ਦੇ ਸਾਰੇ ਨੌ ਖ਼ਜ਼ਾਨੇ । ਖਾਨਿ—ਖਾਂਦੇ ਹਨ । ਖਰਚਨਿ—ਖ਼ਰਚਦੇ ਹਨ । ਰਵੰਨਿ—ਸਿਮਰਦੇ ਹਨ ।੩੨।

ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਸਹੰਨਿ—ਸਹਿੰਦੇ ਹਨ । ਗੁਰਿ—ਗੁਰੂ ਨੇ । ਉਬਰੇ—(ਜਨਮ ਮਰਨ ਦੇ ਗੇੜ ਵਿਚੋਂ) ਬਚ ਗਏ । ਸਿਉ—ਨਾਲ । ਕੇਲ—ਆਨੰਦ ।੩੩।

ਜਿ—ਜੇਹੜੇ । ਅਨਦਿਨੁ—ਹਰ ਰੋਜ਼, ਹਰ ਵੇਲੇ {ਅਨੁਦਿਨਾਜ਼} । ਜਾਣੀਅਹਿ—ਜਾਣੇ ਜਾਂਦੇ ਹਨ । ਸਚੁ—ਸਦਾ-ਥਿਰ ਪ੍ਰਭੂ । ਲਹੰਨਿ—ਲੈਂਦੇ ਹਨ, ਮੇਲ ਪ੍ਰਾਪਤ ਕਰਦੇ ਹਨ ।੩੪।

ਅਰਥ :—ਹੇ ਭਾਈ! ਪਰਮਾਤਮਾ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ । ਪਰਮਾਤਮਾ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ । ਜਿਸ ਮਨੁੱਖ ਦਾ ਮਨ ਅਤੇ ਤਨ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਉਹ ਸਦਾ ਪਰਮਾਤਮਾ ਵਿਚ ਲੀਨ ਰਹਿੰਦਾ ਹੈ ।੩੦।

ਹੇ ਭਾਈ! ਮੇਰਾ ਉਹ ਖਸਮ-ਪ੍ਰਭੂ ਆਨੰਦ-ਸਰੂਪ ਹੈ (ਜੇਹੜਾ ਮਨੁੱਖ ਉਸ ਦੇ ਚਰਨਾਂ ਵਿਚ ਆ ਜੁੜਦਾ ਹੈ) ਉਸ ਨੂੰ ਉਹ ਆਤਮਕ ਅਡੋਲਤਾ ਵਿਚ, ਪ੍ਰੇਮ-ਰੰਗ ਵਿਚ ਰੰਗ ਦੇਂਦਾ ਹੈ । ਜਦੋਂ ਕੋਈ ਜੀਵ-ਇਸਤ੍ਰੀ ਉਸ ਖਸਮ-ਪ੍ਰਭੂ ਦੇ ਚਰਨਾਂ ਵਿਚ ਲੀਨ ਹੋ ਜਾਂਦੀ ਹੈ, ਤਦੋਂ ਉਸ (ਦੀ ਜਿੰਦ) ਨੂੰ ਪ੍ਰੇਮ-ਰੰਗ ਚੜ੍ਹ ਜਾਂਦਾ ਹੈ ।੩੧।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ (ਪ੍ਰਭੂ ਨਾਲੋਂ) ਚਿਰ ਦੇ ਵਿਛੁੜੇ ਹੋਏ ਭੀ (ਪ੍ਰਭੂ ਨੂੰ) ਆ ਮਿਲਦੇ ਹਨ । ਪਰਮਾਤਮਾ ਦਾ ਨਾਮ (ਜੋ, ਮਾਨੋ, ਧਰਤੀ ਦੇ ਸਾਰੇ) ਨੌ ਖ਼ਜ਼ਾਨੇ (ਹੈ, ਉਹਨਾਂ ਨੂੰ) ਆਪਣੇ ਅੰਦਰ ਹੀ ਲੱਭ ਪੈਂਦਾ ਹੈ । ਉਸ ਨਾਮ-ਖ਼ਜ਼ਾਨੇ ਨੂੰ ਉਹ ਆਪ ਵਰਤਦੇ ਹਨ, ਹੋਰਨਾਂ ਨੂੰ ਵੰਡਦੇ ਹਨ, ਉਹ ਫਿਰ ਭੀ ਨਹੀਂ ਮੁੱਕਦਾ । ਆਤਮਕ ਅਡੋਲਤਾ ਵਿਚ ਟਿਕ ਕੇ ਉਹ ਮਨੁੱਖ ਪਰਮਾਤਮਾ ਦੇ ਗੁਣ ਯਾਦ ਕਰਦੇ ਰਹਿੰਦੇ ਹਨ ।੩੨।

ਹੇ ਭਾਈ! (ਗੁਰੂ ਦੀ ਸਰਨ ਆ ਪਏ) ਉਹ ਮਨੁੱਖ ਨਾਹ ਜੰਮਦੇ ਹਨ ਨਾਹ ਮਰਦੇ ਹਨ, ਨਾਹ ਹੀ ਉਹ (ਜਨਮ ਮਰਨ ਦੇ ਗੇੜ ਦੇ) ਦੁੱਖ ਸਹਾਰਦੇ ਹਨ । ਜਿਨ੍ਹਾਂ ਦੀ ਰੱਖਿਆ ਗੁਰੂ ਨੇ ਕਰ ਦਿੱਤੀ ਹੈ, ਉਹ (ਜਨਮ ਮਰਨ ਦੇ ਗੇੜ ਤੋਂ) ਬਚ ਗਏ । ਉਹ ਸਦਾ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਆਤਮਕ ਆਨੰਦ ਮਾਣਦੇ ਹਨ ।੩੩।

ਹੇ ਭਾਈ! ਜੇਹੜੇ ਭਲੇ ਮਨੁੱਖ ਹਰ ਵੇਲੇ ਪ੍ਰਭੂ-ਚਰਨਾਂ ਵਿਚ ਜੁੜੇ ਰਹਿੰਦੇ ਹਨ, ਉਹ ਪ੍ਰਭੂ-ਚਰਨਾਂ ਵਿਚ ਮਿਲ ਕੇ ਮੁੜ ਕਦੇ ਨਹੀਂ ਵਿਛੁੜਦੇ । ਪਰ, ਹੇ ਨਾਨਕ! ਇਸ ਜਗਤ ਵਿਚ ਅਜੇਹੇ ਵਿਰਲੇ ਬੰਦੇ ਹੀ ਉੱਘੜਦੇ ਹਨ, ਜੇਹੜੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰਦੇ ਹਨ ।੩੪।੧।੩।

ਸੂਹੀ ਮਹਲਾ ੩ ॥ ਹਰਿ ਜੀ ਸੂਖਮੁ ਅਗਮੁ ਹੈ ਕਿਤੁ ਬਿਧਿ ਮਿਲਿਆ ਜਾਇ ॥ ਗੁਰ ਕੈ ਸਬਦਿ ਭ੍ਰਮੁ ਕਟੀਐ ਅਚਿੰਤੁ ਵਸੈ ਮਨਿ ਆਇ ॥੧॥ ਗੁਰਮੁਖਿ ਹਰਿ ਹਰਿ ਨਾਮੁ ਜਪੰਨਿ ॥ ਹਉ ਤਿਨ ਕੈ ਬਲਿਹਾਰਣੈ ਮਨਿ ਹਰਿ ਗੁਣ ਸਦਾ ਰਵੰਨਿ ॥੧॥ ਰਹਾਉ ॥ ਗੁਰੁ ਸਰਵਰੁ ਮਾਨ ਸਰੋਵਰੁ ਹੈ ਵਡਭਾਗੀ ਪੁਰਖ ਲਹੰਨ੍ਹਿ ॥

ਸੇਵਕ ਗੁਰਮੁਖਿ ਖੋਜਿਆ ਸੇ ਹੰਸੁਲੇ ਨਾਮੁ ਲਹੰਨਿ ॥੨॥ ਨਾਮੁ ਧਿਆਇਨ੍ਹਿ ਰੰਗ ਸਿਉ ਗੁਰਮੁਖਿ ਨਾਮਿ ਲਗੰਨ੍ਹਿ ॥ ਧੁਰਿ ਪੂਰਬਿ ਹੋਵੈ ਲਿਖਿਆ ਗੁਰ ਭਾਣਾ ਮੰਨਿ ਲਏਨ੍ਹਿ ॥੩॥ ਵਡਭਾਗੀ ਘਰੁ ਖੋਜਿਆ ਪਾਇਆ ਨਾਮੁ ਨਿਧਾਨੁ ॥ ਗੁਰਿ ਪੂਰੈ ਵੇਖਾਲਿਆ ਪ੍ਰਭੁ ਆਤਮ ਰਾਮੁ ਪਛਾਨੁ ॥੪॥ {ਪੰਨਾ ੭੫੬-੭੫੭}

ਪਦ ਅਰਥ :—ਸੂਖਮੁ—{ਸੁ™ਮ} ਬਹੁਤ ਬਾਰੀਕ, ਅਦ੍ਰਿਸ਼ਟ । ਅਗਮ—{ਅਗੰਯ} ਅਪਹੁੰਚ । ਕਿਤੁ ਬਿਧਿ—ਕਿਸ ਤਰੀਕੇ ਨਾਲ? ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਅਚਿੰਤੁ—ਸਾਡੀਆਂ ਸੋਚਾਂ ਵਿਚਾਰਾਂ ਤੋਂ ਬਿਨਾ ਹੀ, ਸਹਜ ਸੁਭਾਇ । ਮਨਿ—ਮਨ ਵਿਚ । ਆਇ—ਆ ਕੇ ।੧।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ । ਕੈ ਬਲਿਹਾਰਣੈ—ਤੋਂ ਸਦਕੇ । ਰਵੰਨਿ—ਯਾਦ ਕਰਦੇ ਹਨ ।੧।ਰਹਾਉ।

ਸਰਵਰੁ—ਸੋਹਣਾ ਤਾਲਾਬ, ਸੋਹਣਾ ਸਰ । ਲਹੰਨ੍ਹਿ—ਲੱਭ ਲੈਂਦੇ ਹਨ । ਸੇ—ਉਹ {ਬਹੁ-ਵਚਨ} । ਹੰਸੁਲੇ—ਸੋਹਣੇ ਹੰਸ ।੨।

ਧਿਆਇਨ੍ਹਿ—ਧਿਆਉਂਦੇ ਹਨ । ਰੰਗ—ਪਿਆਰ । ਸਿਉ—ਨਾਲ । ਨਾਮਿ—ਨਾਮ ਵਿਚ । ਧੁਰਿ—ਧੁਰ ਦਰਗਾਹ ਤੋਂ । ਪੂਰਬਿ—ਪਹਿਲੇ ਜਨਮ ਵਿਚ । ਭਾਣਾ—ਰਜ਼ਾ ।੩।

ਘਰੁ—ਹਿਰਦਾ-ਘਰ । ਨਿਧਾਨੁ—ਖ਼ਜ਼ਾਨਾ । ਗੁਰਿ ਪੂਰੇ—ਪੂਰੇ ਗੁਰੂ ਨੇ । ਆਤਮ ਰਾਮੁ—ਸਰਬ-ਵਿਆਪਕ ਪਰਮਾਤਮਾ । ਪਛਾਨੁ—ਸਾਂਝ ਪੈਦਾ ਕਰ ।੪।

ਅਰਥ :—ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪਦੇ ਹਨ । ਜੇਹੜੇ ਮਨੁੱਖ ਆਪਣੇ ਮਨ ਵਿਚ ਸਦਾ ਪਰਮਾਤਮਾ ਦੇ ਗੁਣ ਚੇਤੇ ਕਰਦੇ ਰਹਿੰਦੇ ਹਨ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ।੧।ਰਹਾਉ।

ਹੇ ਭਾਈ! ਪਰਮਾਤਮਾ ਅਦ੍ਰਿਸ਼ਟ ਹੈ ਅਪਹੁੰਚ ਹੈ, (ਫਿਰ) ਉਸ ਨੂੰ ਕਿਸ ਤਰੀਕੇ ਨਾਲ ਮਿਲਿਆ ਜਾ ਸਕਦਾ ਹੈ? ਹੇ ਭਾਈ! ਜਦੋਂ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਮਨੁੱਖ ਦੇ ਅੰਦਰੋਂ ਉਸ ਦੇ ਮਨ ਦੀ) ਭਟਕਣਾ ਕੱਟੀ ਜਾਂਦੀ ਹੈ, ਤਦੋਂ ਪਰਮਾਤਮਾ ਸਹਜ ਸੁਭਾਇ (ਆਪ ਹੀ ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ ।੧।

ਹੇ ਭਾਈ! ਗੁਰੂ ਇਕ ਸੋਹਣਾ ਸਰ ਹੈ, ਮਾਨ-ਸਰੋਵਰ ਹੈ । ਵੱਡੇ ਭਾਗਾਂ ਵਾਲੇ ਮਨੁੱਖ ਉਸ ਨੂੰ ਲੱਭ ਲੈਂਦੇ ਹਨ । ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਸੇਵਕਾਂ ਨੇ ਭਾਲ ਕੀਤੀ, ਉਹ ਸੋਹਣੇ ਹੰਸ (-ਗੁਰਸਿੱਖ ਉਸ ਗੁਰੂ-ਮਾਨਸਰੋਵਰ ਵਿਚੋਂ) ਨਾਮ (-ਮੋਤੀ) ਲੱਭ ਲੈਂਦੇ ਹਨ ।੨।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰੇਮ ਨਾਲ ਪਰਮਾਤਮਾ ਦਾ ਨਾਮ ਸਿਮਰਦੇ ਹਨ, ਅਤੇ ਨਾਮ ਵਿਚ ਜੁੜੇ ਰਹਿੰਦੇ ਹਨ । ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਪਹਿਲੇ ਹੀ ਇਹ ਲੇਖ ਲਿਖਿਆ ਹੁੰਦਾ ਹੈ, ਉਹੀ ਗੁਰੂ ਦੀ ਰਜ਼ਾ ਨੂੰ ਮੰਨਦੇ ਹਨ ।੩।

ਹੇ ਭਾਈ! ਜਿਨ੍ਹਾਂ ਵੱਡੇ ਭਾਗਾਂ ਵਾਲੇ ਮਨੁੱਖਾਂ ਨੇ ਆਪਣੇ ਹਿਰਦਾ-ਘਰ ਦੀ ਖੋਜ ਕੀਤੀ, ਉਹਨਾਂ (ਆਪਣੇ ਹਿਰਦੇ ਵਿਚੋਂ ਹੀ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ । ਪੂਰੇ ਗੁਰੂ ਨੇ (ਉਹਨਾਂ ਨੂੰ ਉਹਨਾਂ ਦੇ ਅੰਦਰ ਹੀ ਉਹ ਨਾਮ-ਖ਼ਜ਼ਾਨਾ) ਵਿਖਾਲ ਦਿੱਤਾ । ਹੇ ਭਾਈ! ਤੂੰ ਭੀ (ਗੁਰੂ ਦੀ ਸਰਨ ਪੈ ਕੇ) ਉਸ ਸਰਬ-ਵਿਆਪਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ।੪।

ਸਭਨਾ ਕਾ ਪ੍ਰਭੁ ਏਕੁ ਹੈ ਦੂਜਾ ਅਵਰੁ ਨ ਕੋਇ ॥ ਗੁਰ ਪਰਸਾਦੀ ਮਨਿ ਵਸੈ ਤਿਤੁ ਘਟਿ ਪਰਗਟੁ ਹੋਇ ॥੫॥ ਸਭੁ ਅੰਤਰਜਾਮੀ ਬ੍ਰਹਮੁ ਹੈ ਬ੍ਰਹਮੁ ਵਸੈ ਸਭ ਥਾਇ ॥ ਮੰਦਾ ਕਿਸ ਨੋ ਆਖੀਐ ਸਬਦਿ ਵੇਖਹੁ ਲਿਵ ਲਾਇ ॥੬॥ ਬੁਰਾ ਭਲਾ ਤਿਚਰੁ ਆਖਦਾ ਜਿਚਰੁ ਹੈ ਦੁਹੁ ਮਾਹਿ ॥ ਗੁਰਮੁਖਿ ਏਕੋ ਬੁਝਿਆ ਏਕਸੁ ਮਾਹਿ ਸਮਾਇ ॥੭॥ ਸੇਵਾ ਸਾ ਪ੍ਰਭ ਭਾਵਸੀ ਜੋ ਪ੍ਰਭੁ ਪਾਏ ਥਾਇ ॥ ਜਨ ਨਾਨਕ ਹਰਿ ਆਰਾਧਿਆ ਗੁਰ ਚਰਣੀ ਚਿਤੁ ਲਾਇ ॥੮॥੨॥੪॥੯॥ {ਪੰਨਾ ੭੫੭}

ਪਦ ਅਰਥ :—ਪ੍ਰਭੁ—ਮਾਲਕ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਮਨਿ—ਮਨ ਵਿਚ । ਤਿਤੁ—ਉਸ ਵਿਚ । ਘਟਿ—ਹਿਰਦੇ ਵਿਚ । ਤਿਤੁ ਘਟਿ—ਉਸ ਹਿਰਦੇ ਵਿਚ {'ਤਿਸੁ ਘਟਿ'—ਉਸ ਦੇ ਹਿਰਦੇ ਵਿਚ} ।੫।

ਸਭੁ—ਇਹ ਸਾਰਾ ਜਗਤ-ਆਕਾਰ । ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ । ਸਭ ਥਾਇ—ਹਰੇਕ ਥਾਂ ਵਿਚ । ਕਿਸ ਨੋ—{ਲਫ਼ਜ਼ 'ਕਿਸੁ' ਦਾ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਲਿਵ ਲਾਇ—ਸੁਰਤਿ ਜੋੜ ਕੇ ।੬।

ਤਿਚਰੁ—ਉਤਨਾ ਚਿਰ । ਦੁਹੁ ਮਾਹਿ—ਮੇਰ-ਤੇਰ ਵਿਚ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ।੭।

ਪ੍ਰਭ ਭਾਵਸੀ—(ਜੇਹੜੀ) ਪ੍ਰਭੂ ਨੂੰ ਚੰਗੀ ਲੱਗੇ । ਪਾਏ ਥਾਇ—ਕਬੂਲ ਕਰਦਾ ਹੈ । ਚਰਣੀ—ਚਰਨਾਂ ਵਿਚ ।੮।

ਅਰਥ :—ਹੇ ਭਾਈ! ਇਕ ਪਰਮਾਤਮਾ ਹੀ ਸਭ ਜੀਵਾਂ ਦਾ ਮਾਲਕ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ । ਗੁਰੂ ਦੀ ਕਿਰਪਾ ਨਾਲ (ਜਿਸ) ਮਨ ਵਿਚ ਆ ਵੱਸਦਾ ਹੈ, ਉਸ ਦੇ ਹਿਰਦੇ ਵਿਚ ਉਹ ਪ੍ਰਤੱਖ ਉੱਘੜ ਹੀ ਪੈਂਦਾ ਹੈ (ਉਸ ਮਨੁੱਖ ਦੇ ਜੀਵਨ ਵਿਚ ਸੁਚੱਜੀ ਤਬਦੀਲੀ ਆ ਜਾਂਦੀ ਹੈ) ।੫।

ਹੇ ਭਾਈ! ਇਹ ਸਾਰਾ ਜਗਤ-ਆਕਾਰ ਉਸ ਅੰਤਰਜਾਮੀ ਪਰਮਾਤਮਾ ਦਾ ਸਰੂਪ ਹੈ । ਹਰੇਕ ਥਾਂ ਵਿਚ ਹੀ ਪਰਮਾਤਮਾ ਵੱਸ ਰਿਹਾ ਹੈ । ਹੇ ਭਾਈ! ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜ ਕੇ ਵੇਖੋ (ਹਰੇਕ ਥਾਂ ਉਹੀ ਦਿੱਸੇਗਾ । ਜਦੋਂ ਹਰੇਕ ਥਾਂ ਉਹੀ ਦਿੱਸੇ ਪਏ, ਤਾਂ) ਕਿਸੇ ਨੂੰ ਭੈੜਾ ਆਖਿਆ ਨਹੀਂ ਜਾ ਸਕਦਾ ।੬।

ਹੇ ਭਾਈ! ਮਨੁੱਖ ਉਤਨਾ ਚਿਰ ਹੀ ਕਿਸੇ ਹੋਰ ਨੂੰ ਚੰਗਾ ਜਾਂ ਮੰਦਾ ਆਖਦਾ ਹੈ ਜਿਤਨਾ ਚਿਰ ਉਹ ਆਪ ਮੇਰ-ਤੇਰ ਵਿਚ ਰਹਿੰਦਾ ਹੈ । ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਉਹ (ਹਰ ਥਾਂ) ਇਕ ਪ੍ਰਭੂ ਨੂੰ ਹੀ (ਵੱਸਦਾ) ਸਮਝਦਾ ਹੈ, ਉਹ ਇਕ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ।੭।

ਹੇ ਭਾਈ! ਉਹੀ ਸੇਵਾ-ਭਗਤੀ ਪ੍ਰਭੂ ਨੂੰ ਪਸੰਦ ਆਉਂਦੀ ਹੈ, ਜੇਹੜੀ ਪ੍ਰਭੂ ਕਬੂਲ ਕਰਦਾ ਹੈ । ਹੇ ਦਾਸ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਕੇ ਪਰਮਾਤਮਾ ਦਾ ਆਰਾਧਨ ਕਰਦੇ ਹਨ ।੮।੨।੪।੯।

ਰਾਗੁ ਸੂਹੀ ਅਸਟਪਦੀਆ ਮਹਲਾ ੪ ਘਰੁ ੨

ੴ ਸਤਿਗੁਰ ਪ੍ਰਸਾਦਿ ॥ ਕੋਈ ਆਣਿ ਮਿਲਾਵੈ ਮੇਰਾ ਪ੍ਰੀਤਮੁ ਪਿਆਰਾ ਹਉ ਤਿਸੁ ਪਹਿ ਆਪੁ ਵੇਚਾਈ ॥੧॥ ਦਰਸਨੁ ਹਰਿ ਦੇਖਣ ਕੈ ਤਾਈ ॥ ਕ੍ਰਿਪਾ ਕਰਹਿ ਤਾ ਸਤਿਗੁਰੁ ਮੇਲਹਿ ਹਰਿ ਹਰਿ ਨਾਮੁ ਧਿਆਈ ॥੧॥ ਰਹਾਉ ॥ ਜੇ ਸੁਖੁ ਦੇਹਿ ਤ ਤੁਝਹਿ ਅਰਾਧੀ ਦੁਖਿ ਭੀ ਤੁਝੈ ਧਿਆਈ ॥੨॥ ਜੇ ਭੁਖ ਦੇਹਿ ਤ ਇਤ ਹੀ ਰਾਜਾ ਦੁਖ ਵਿਚਿ ਸੂਖ ਮਨਾਈ ॥੩॥ ਤਨੁ ਮਨੁ ਕਾਟਿ ਕਾਟਿ ਸਭੁ ਅਰਪੀ ਵਿਚਿ ਅਗਨੀ ਆਪੁ ਜਲਾਈ ॥੪॥ ਪਖਾ ਫੇਰੀ ਪਾਣੀ ਢੋਵਾ ਜੋ ਦੇਵਹਿ ਸੋ ਖਾਈ ॥੫॥ ਨਾਨਕੁ ਗਰੀਬੁ ਢਹਿ ਪਇਆ ਦੁਆਰੈ ਹਰਿ ਮੇਲਿ ਲੈਹੁ ਵਡਿਆਈ ॥੬॥ {ਪੰਨਾ ੭੫੭}

ਪਦ ਅਰਥ :—ਆਣਿ—ਲਿਆ ਕੇ । ਹਉ—ਮੈਂ । ਪਹਿ—ਪਾਸ, ਅੱਗੇ । ਆਪੁ—ਆਪਣਾ ਆਪ । ਵੇਚਾਈ—ਵੇਚਾਈਂ, ਵੇਚ ਦਿਆਂ ।੧।

ਕੈ ਤਾਈ—ਕੈ ਤਾਈਂ, ਵਾਸਤੇ । ਕਰਹਿ—(ਜੇ) ਤੂੰ ਕਰੇਂ । ਮੇਲਹਿ—ਤੂੰ ਮਿਲਾ ਦੇਵੇਂ । ਧਿਆਈ—ਧਿਆਈਂ, ਮੈਂ ਧਿਆਵਾਂ ।੧।ਰਹਾਉ।

ਤ—ਤਾਂ । ਅਰਾਧੀ—ਅਰਾਧੀਂ, ਮੈਂ ਆਰਾਧਾਂ । ਦੁਖਿ—ਦੁੱਖ ਵਿਚ ।੨।

ਇਤ ਹੀ—ਇਤੁ ਹੀ, ਇਸ (ਭੁਖ) ਵਿਚ ਹੀ {ਲਫ਼ਜ਼ 'ਇਤ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} । ਰਾਜਾ—ਰਾਜਾਂ, ਮੈਂ ਰੱਜਿਆ ਰਹਾਂ । ਮਨਾਈ—ਮਨਾਈਂ, ਮਨਾਵਾਂਗਾ ।੩।

ਕਾਟਿ—ਕੱਟ ਕੇ । ਸਭੁ—ਸਾਰਾ । ਅਰਪੀ—ਅਰਪੀਂ, ਮੈਂ ਭੇਟਾ ਕਰ ਦਿਆਂ । ਆਪੁ—ਆਪਣਾ ਆਪ ।੪।

ਫੇਰੀ—ਫੇਰੀਂ । ਢੋਵਾ—ਢੋਵਾਂ । ਦੇਵਹਿ—ਤੂੰ ਦੇਵੇਂਗਾ । ਖਾਈ—ਖਾਈਂ, ਮੈਂ ਖਾਵਾਂ ।੫।

ਵਡਿਆਈ—ਉਪਕਾਰ ।੬।

ਅਰਥ :—ਹੇ ਪ੍ਰਭੂ! ਜੇ ਤੂੰ (ਮੇਰੇ ਉਤੇ) ਮੇਹਰ ਕਰੇਂ, (ਮੈਨੂੰ) ਗੁਰੂ ਮਿਲਾ ਦੇਵੇਂ, ਤਾਂ ਤੇਰਾ ਦਰਸਨ ਕਰਨ ਵਾਸਤੇ ਮੈਂ ਸਦਾ ਤੇਰਾ ਨਾਮ ਸਿਮਰਦਾ ਰਹਾਂਗਾ ।੧।ਰਹਾਉ।

ਹੇ ਭਾਈ! ਜੇ ਕੋਈ (ਸੱਜਣ) ਮੇਰਾ ਪ੍ਰੀਤਮ ਲਿਆ ਕੇ ਮੈਨੂੰ ਮਿਲਾ ਦੇਵੇ, ਤਾਂ ਮੈਂ ਉਸ ਦੇ ਅੱਗੇ ਆਪਣਾ ਆਪ ਵੇਚ ਦਿਆਂ ।੧।

ਹੇ ਪ੍ਰਭੂ! (ਮੇਹਰ ਕਰ) ਜੇ ਤੂੰ ਮੈਨੂੰ ਸੁਖ ਦੇਵੇਂ, ਤਾਂ ਮੈਂ ਤੈਨੂੰ ਹੀ ਸਿਮਰਦਾ ਰਹਾਂ, ਦੁਖ ਵਿਚ ਭੀ ਮੈਂ ਤੇਰੀ ਹੀ ਆਰਾਧਨਾ ਕਰਦਾ ਰਹਾਂ ।੨।

ਹੇ ਪ੍ਰਭੂ! ਜੇ ਤੂੰ ਮੈਨੂੰ ਭੁੱਖਾ ਰੱਖੇਂ, ਤਾਂ ਮੈਂ ਇਸ ਭੁਖ ਵਿਚ ਹੀ ਰੱਜਿਆ ਰਹਾਂਗਾ, ਦੁੱਖਾਂ ਵਿਚ ਮੈਂ ਸੁਖ ਪ੍ਰਤੀਤ ਕਰਾਂਗਾ (ਤੇਰੀ ਇਹ ਮੇਹਰ ਜ਼ਰੂਰ ਹੋ ਜਾਏ ਕਿ ਮੈਨੂੰ ਤੇਰਾ ਦਰਸਨ ਹੋ ਜਾਏ) ।੩।

ਹੇ ਪ੍ਰਭੂ! (ਤੇਰਾ ਦਰਸਨ ਕਰਨ ਦੀ ਖ਼ਾਤਰ ਜੇ ਲੋੜ ਪਏ ਤਾਂ) ਮੈਂ ਆਪਣਾ ਸਰੀਰ ਆਪਣਾ ਮਨ ਕੱਟ ਕੱਟ ਕੇ ਸਾਰਾ ਭੇਟਾ ਕਰ ਦਿਆਂਗਾ, ਅੱਗ ਵਿਚ ਆਪਣੇ ਆਪ ਨੂੰ ਸਾੜ (ਭੀ) ਦਿਆਂਗਾ ।੪।

ਹੇ ਪ੍ਰਭੂ! (ਤੇਰੇ ਦੀਦਾਰ ਦੀ ਖ਼ਾਤਰ, ਤੇਰੀਆਂ ਸੰਗਤਾਂ ਨੂੰ) ਮੈਂ ਪੱਖਾਂ ਝਲਾਂਗਾ, ਪਾਣੀ ਢੋਵਾਂਗਾ, ਜੋ ਕੁਝ ਤੂੰ ਮੈਨੂੰ (ਖਾਣ ਲਈ) ਦੇਵੇਂਗਾ ਉਹੀ (ਖ਼ੁਸ਼ ਹੋ ਕੇ) ਖਾ ਲਵਾਂਗਾ ।੫।

ਹੇ ਪ੍ਰਭੂ! (ਤੇਰਾ ਦਾਸ) ਗਰੀਬ ਨਾਨਕ ਤੇਰੇ ਦਰ ਤੇ ਆ ਡਿੱਗਾ ਹੈ, ਮੈਨੂੰ ਆਪਣੇ ਚਰਨਾਂ ਵਿਚ ਜੋੜ ਲੈ, ਤੇਰਾ ਇਹ ਉਪਕਾਰ ਹੋਵੇਗਾ ।੬।

ਅਖੀ ਕਾਢਿ ਧਰੀ ਚਰਣਾ ਤਲਿ ਸਭ ਧਰਤੀ ਫਿਰਿ ਮਤ ਪਾਈ ॥੭॥ ਜੇ ਪਾਸਿ ਬਹਾਲਹਿ ਤਾ ਤੁਝਹਿ ਅਰਾਧੀ ਜੇ ਮਾਰਿ ਕਢਹਿ ਭੀ ਧਿਆਈ ॥੮॥ ਜੇ ਲੋਕੁ ਸਲਾਹੇ ਤਾ ਤੇਰੀ ਉਪਮਾ ਜੇ ਨਿੰਦੈ ਤ ਛੋਡਿ ਨ ਜਾਈ ॥੯॥ ਜੇ ਤੁਧੁ ਵਲਿ ਰਹੈ ਤਾ ਕੋਈ ਕਿਹੁ ਆਖਉ ਤੁਧੁ ਵਿਸਰਿਐ ਮਰਿ ਜਾਈ ॥੧੦॥ ਵਾਰਿ ਵਾਰਿ ਜਾਈ ਗੁਰ ਊਪਰਿ ਪੈ ਪੈਰੀ ਸੰਤ ਮਨਾਈ ॥੧੧॥ ਨਾਨਕੁ ਵਿਚਾਰਾ ਭਇਆ ਦਿਵਾਨਾ ਹਰਿ ਤਉ ਦਰਸਨ ਕੈ ਤਾਈ ॥੧੨॥ {ਪੰਨਾ ੭੫੭}

ਅਰਥ :—ਅਖੀ—ਅੱਖੀਂ । ਧਰੀ—ਧਰੀਂ, ਮੈਂ ਧਰ ਦਿਆਂ । ਤਲਿ—ਹੇਠ । ਫਿਰਿ—ਫਿਰੀਂ, ਫਿਰਾਂ । ਮਤ ਪਾਈ—ਮਤ ਪਾਈਂ, ਸ਼ਾਇਦ (ਗੁਰੂ ਨੂੰ) ਲੱਭ ਲਵਾਂ ।੭।

ਕਢਹਿ—ਤੂੰ ਕੱਢ ਦੇਵੇਂ ।੮।

ਲੋਕੁ—ਜਗਤ । ਸਲਾਹੇ—(ਮੇਰੀ) ਉਪਮਾ ਕਰੇ । ਨ ਜਾਈ—ਨ ਜਾਈਂ, ਨਾਹ ਜਾਵਾਂ ।੯।

ਤੁਧੁ ਵਲਿ ਰਹੈ—ਤੇਰੇ ਪਾਸੇ ਪ੍ਰੀਤਿ ਬਣੀ ਰਹੇ । ਕਿਹੁ ਆਖਉ—ਬੇਸ਼ੱਕ ਕੋਈ ਕੁਝ ਪਿਆ ਆਖੇ {ਆਖਉ—ਹੁਕਮੀ ਭਵਿੱਖ, ਅੱਨ ਪੁਰਖ, ਇਕ-ਵਚਨ} । ਮਰਿ ਜਾਇ—ਮਰਿ ਜਾਈਂ, ਮੈਂ ਆਤਮਕ ਮੌਤ ਮਰ ਜਾਵਾਂਗਾ ।੧੦।

ਜਾਈ—ਜਾਈਂ, ਜਾਵਾਂ । ਪੈ—ਪੈ ਕੇ । ਪੈਰੀ—ਪੈਰੀਂ । ਸੰਤ ਮਨਾਈ—ਗੁਰੂ ਨੂੰ ਪ੍ਰਸੰਨ ਕਰਾਂ ।੧੧।

ਦਿਵਾਨਾ—ਕਮਲਾ । ਹਰਿ—ਹੇ ਹਰੀ! ਤਉ—ਤੇਰੇ । ਕੈ ਤਾਈ—ਕੈ ਤਾਈਂ, ਦੇ ਵਾਸਤੇ ।੧੨।

ਅਰਥ :—ਹੇ ਪ੍ਰਭੂ! (ਜੇ ਲੋੜ ਪਏ ਤਾਂ) ਮੈਂ ਆਪਣੀਆਂ ਅੱਖਾਂ ਕੱਢ ਕੇ (ਗੁਰੂ ਦੇ) ਪੈਰਾਂ ਹੇਠ ਰੱਖ ਦਿਆਂ, ਮੈਂ ਸਾਰੀ ਧਰਤੀ ਉਤੇ ਭਾਲ ਕਰਾਂ ਕਿ ਸ਼ਾਇਦ ਕਿਤੇ ਗੁਰੂ ਲੱਭ ਪਏ ।੭।

ਹੇ ਪ੍ਰਭੂ! ਜੇ ਤੂੰ ਮੈਨੂੰ ਆਪਣੇ ਕੋਲ ਬਿਠਾਲ ਲਏਂ, ਤਾਂ ਤੈਨੂੰ ਆਰਾਧਦਾ ਰਹਾਂ, ਜੇ ਤੂੰ ਮੈਨੂੰ (ਧੱਕੇ) ਮਾਰ ਕੇ (ਆਪਣੇ ਦਰ ਤੋਂ) ਕੱਢ ਦੇਵੇਂ, ਤਾਂ ਭੀ ਮੈਂ ਤੇਰਾ ਹੀ ਧਿਆਨ ਧਰਦਾ ਰਹਾਂਗਾ ।੮।

ਹੇ ਪ੍ਰਭੂ! ਜੇ ਜਗਤ ਮੈਨੂੰ ਚੰਗਾ ਆਖੇਗਾ, ਤਾਂ (ਅਸਲ ਵਿਚ) ਇਹ ਤੇਰੀ ਹੀ ਵਡਿਆਈ ਹੋਵੇਗੀ, ਜੇ (ਤੇਰੀ ਸਿਫ਼ਤਿ-ਸਾਲਾਹ ਕਰਨ ਤੇ) ਦੁਨੀਆ ਮੇਰੀ ਨਿੰਦਾ ਕਰੇਗੀ, ਤਾਂ ਭੀ ਮੈਂ (ਤੈਨੂੰ) ਛੱਡ ਕੇ ਨਹੀਂ ਜਾਵਾਂਗਾ ।੯।

ਹੇ ਪ੍ਰਭੂ! ਜੇ ਮੇਰੀ ਪ੍ਰੀਤਿ ਤੇਰੇ ਪਾਸੇ ਬਣੀ ਰਹੇ, ਤਾਂ ਬੇਸ਼ੱਕ ਕੋਈ ਕੁਝ ਭੀ ਮੈਨੂੰ ਪਿਆ ਆਖੇ । ਪਰ, ਤੇਰੇ ਵਿਸਰਿਆਂ, ਹੇ ਪ੍ਰਭੂ! ਮੈਂ ਆਤਮਕ ਮੌਤੇ ਮਰ ਜਾਵਾਂਗਾ ।੧੦।

ਹੇ ਪ੍ਰਭੂ! (ਤੇਰਾ ਦਰਸਨ ਕਰਨ ਦੀ ਖ਼ਾਤਰ) ਮੈਂ ਗੁਰੂ ਉਤੋਂ ਕੁਰਬਾਨ ਕੁਰਬਾਨ ਜਾਵਾਂਗਾ, ਮੈਂ ਸੰਤ-ਗੁਰੂ ਦੀ ਚਰਨੀਂ ਪੈ ਕੇ ਉਸ ਨੂੰ ਪ੍ਰਸੰਨ ਕਰਾਂਗਾ ।੧੧।

ਹੇ ਹਰੀ! ਤੇਰਾ ਦਰਸਨ ਕਰਨ ਦੀ ਖ਼ਾਤਰ (ਤੇਰਾ ਦਾਸ) ਵਿਚਾਰਾ ਨਾਨਕ ਕਮਲਾ ਹੋਇਆ ਫਿਰਦਾ ਹੈ ।੧੨।

ਝਖੜੁ ਝਾਗੀ ਮੀਹੁ ਵਰਸੈ ਭੀ ਗੁਰੁ ਦੇਖਣ ਜਾਈ ॥੧੩॥ ਸਮੁੰਦੁ ਸਾਗਰੁ ਹੋਵੈ ਬਹੁ ਖਾਰਾ ਗੁਰਸਿਖੁ ਲੰਘਿ ਗੁਰ ਪਹਿ ਜਾਈ ॥੧੪॥ ਜਿਉ ਪ੍ਰਾਣੀ ਜਲ ਬਿਨੁ ਹੈ ਮਰਤਾ ਤਿਉ ਸਿਖੁ ਗੁਰ ਬਿਨੁ ਮਰਿ ਜਾਈ ॥੧੫॥ ਜਿਉ ਧਰਤੀ ਸੋਭ ਕਰੇ ਜਲੁ ਬਰਸੈ ਤਿਉ ਸਿਖੁ ਗੁਰ ਮਿਲਿ ਬਿਗਸਾਈ ॥੧੬॥ ਸੇਵਕ ਕਾ ਹੋਇ ਸੇਵਕੁ ਵਰਤਾ ਕਰਿ ਕਰਿ ਬਿਨਉ ਬੁਲਾਈ ॥੧੭॥ ਨਾਨਕ ਕੀ ਬੇਨੰਤੀ ਹਰਿ ਪਹਿ ਗੁਰ ਮਿਲਿ ਗੁਰ ਸੁਖੁ ਪਾਈ ॥੧੮॥ {ਪੰਨਾ ੭੫੭-੭੫੮}

ਪਦ ਅਰਥ :—ਝਖੜੁ—ਤੇਜ਼ ਹਨੇਰੀ । ਝਾਗੀ—ਝਾਗੀਂ, ਮੈਂ ਝੱਲਾਂ, ਮੈਂ ਸਹਾਰਨ ਨੂੰ ਤਿਆਰ ਹਾਂ । ਜਾਈ—ਜਾਈਂ, ਮੈਂ ਜਾਵਾਂ ।੧੩।

ਸਾਗਰੁ—ਸਮੁੰਦਰ । ਗੁਰਸਿਖ—ਗੁਰੂ ਦਾ ਸਿੱਖ । ਲੰਘਿ—ਲੰਘ ਕੇ । ਪਹਿ—ਪਾਸ, ਕੋਲ । ਜਾਈ—ਜਾਂਦਾ ਹੈ ।੧੪।

ਜਿਉ—ਜਿਵੇਂ । ਮਰਿ ਜਾਈ—ਆਤਮਕ ਮੌਤੇ ਮਰ ਜਾਂਦਾ ਹੈ ।੧੫।

ਸੋਭ ਕਰੇ—ਸੋਹਣੀ ਦਿੱਸਣ ਲੱਗ ਪੈਂਦੀ ਹੈ । ਬਰਸੈ—ਵਰ੍ਹਦਾ ਹੈ । ਬਿਗਸਾਈ—ਖਿੜ ਪੈਂਦਾ ਹੈ, ਖ਼ੁਸ਼ ਹੁੰਦਾ ਹੈ ।੧੬।

ਹੋਇ—ਬਣ ਕੇ । ਵਰਤਾ—ਵਰਤਾਂ, ਮੈਂ ਕਾਰ ਕਰਾਂ । ਬਿਨਉ—{ਵਿਨਯ} ਬੇਨਤੀ । ਬੁਲਾਈ—ਬੁਲਾਈਂ ।੧੭।

ਗੁਰ ਮਿਲਿ—ਗੁਰੂ ਨੂੰ ਮਿਲ ਕੇ । ਗੁਰ ਸੁਖੁ—ਵੱਡਾ ਸੁਖ, ਮਹਾ ਆਨੰਦ । ਪਾਈ—ਪਾਈਂ, ਪ੍ਰਾਪਤ ਕਰਾਂ ।੧੮।

ਅਰਥ :—ਹੇ ਪ੍ਰਭੂ! (ਤੇਰਾ ਮਿਲਾਪ ਪ੍ਰਾਪਤ ਕਰਨ ਦੀ ਖ਼ਾਤਰ) ਮੈਂ ਗੁਰੂ ਦਾ ਦਰਸਨ ਕਰਨ ਲਈ ਝੱਖੜ-ਹਨੇਰੀ (ਆਪਣੇ ਸਿਰ ਉਤੇ) ਝੱਲਣ ਨੂੰ ਭੀ ਤਿਆਰ ਹਾਂ, ਜੇ ਮੀਂਹ ਵਰ੍ਹਨ ਲੱਗ ਪਏ ਤਾਂ ਭੀ (ਵਰ੍ਹਦੇ ਮੀਂਹ ਵਿਚ ਹੀ) ਮੈਂ ਗੁਰੂ ਨੂੰ ਵੇਖਣ ਲਈ ਜਾਣ ਨੂੰ ਤਿਆਰ ਹਾਂ ।੧੩।

ਹੇ ਭਾਈ! ਖਾਰਾ ਸਮੁੰਦਰ ਭੀ ਲੰਘਣਾ ਪਏ, ਤਾਂ ਭੀ ਉਸ ਨੂੰ ਲੰਘ ਕੇ ਗੁਰੂ ਦਾ ਸਿੱਖ ਗੁਰੂ ਦੇ ਕੋਲ ਪਹੁੰਚਦਾ ਹੈ ।੧੪।

ਜਿਵੇਂ ਪ੍ਰਾਣੀ ਪਾਣੀ ਤੋਂ ਮਿਲਣ ਤੋਂ ਬਿਨਾ ਮਰਨ ਲੱਗ ਪੈਂਦਾ ਹੈ, ਤਿਵੇਂ ਸਿੱਖ ਗੁਰੂ ਨੂੰ ਮਿਲਣ ਤੋਂ ਬਿਨਾ ਆਪਣੀ ਆਤਮਕ ਮੌਤ ਆ ਗਈ ਸਮਝਦਾ ਹੈ ।੧੫।

ਜਿਵੇਂ ਜਦੋਂ ਮੀਂਹ ਪੈਂਦਾ ਹੈ ਤਾਂ ਧਰਤੀ ਸੋਹਣੀ ਲੱਗਣ ਲੱਗ ਪੈਂਦੀ ਹੈ, ਤਿਵੇਂ ਸਿੱਖ ਗੁਰੂ ਨੂੰ ਮਿਲ ਕੇ ਪ੍ਰਸੰਨ ਹੁੰਦਾ ਹੈ ।੧੬।

ਹੇ ਭਾਈ! ਮੈਂ ਗੁਰੂ ਦੇ ਸੇਵਕ ਦਾ ਸੇਵਕ ਬਣ ਕੇ ਉਸ ਦੀ ਕਾਰ ਕਰਨ ਨੂੰ ਤਿਆਰ ਹਾਂ ਮੈਂ ਉਸ ਨੂੰ ਬੇਨਤੀਆਂ ਕਰ ਕਰ ਕੇ (ਖ਼ੁਸ਼ੀ ਨਾਲ) ਸੱਦਾਂਗਾ ।੧੭।

ਨਾਨਕ ਦੀ ਪਰਮਾਤਮਾ ਪਾਸ ਬੇਨਤੀ ਹੈ (—ਹੇ ਪ੍ਰਭੂ! ਮੈਨੂੰ ਗੁਰੂ ਮਿਲਾ) ਗੁਰੂ ਨੂੰ ਮਿਲ ਕੇ ਮੈਨੂੰ ਵੱਡਾ ਆਨੰਦ ਪ੍ਰਾਪਤ ਹੁੰਦਾ ਹੈ ।੧੮।

ਤੂ ਆਪੇ ਗੁਰੁ ਚੇਲਾ ਹੈ ਆਪੇ ਗੁਰ ਵਿਚੁ ਦੇ ਤੁਝਹਿ ਧਿਆਈ ॥੧੯॥ ਜੋ ਤੁਧੁ ਸੇਵਹਿ ਸੋ ਤੂਹੈ ਹੋਵਹਿ ਤੁਧੁ ਸੇਵਕ ਪੈਜ ਰਖਾਈ ॥੨੦॥ ਭੰਡਾਰ ਭਰੇ ਭਗਤੀ ਹਰਿ ਤੇਰੇ ਜਿਸੁ ਭਾਵੈ ਤਿਸੁ ਦੇਵਾਈ ॥੨੧॥ ਜਿਸੁ ਤੂੰ ਦੇਹਿ ਸੋਈ ਜਨੁ ਪਾਏ ਹੋਰ ਨਿਹਫਲ ਸਭ ਚਤੁਰਾਈ ॥੨੨॥ ਸਿਮਰਿ ਸਿਮਰਿ ਸਿਮਰਿ ਗੁਰੁ ਅਪੁਨਾ ਸੋਇਆ ਮਨੁ ਜਾਗਾਈ ॥੨੩॥ ਇਕੁ ਦਾਨੁ ਮੰਗੈ ਨਾਨਕੁ ਵੇਚਾਰਾ ਹਰਿ ਦਾਸਨਿ ਦਾਸੁ ਕਰਾਈ ॥੨੪॥ {ਪੰਨਾ ੭੫੮}

ਪਦ ਅਰਥ :—ਆਪੇ—ਆਪ ਹੀ । ਵਿਚੁ ਦੇ—ਦੀ ਰਾਹੀਂ । ਗੁਰ ਵਿਚੁ ਦੇ—ਗੁਰੂ ਦੀ ਰਾਹੀਂ । ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ ।੧੯।

ਤੁਧੁ—ਤੈਨੂੰ । ਤੂ ਹੈ—ਤੂੰ ਹੀ, ਤੇਰਾ ਹੀ ਰੂਪ । ਹੋਵਹਿ—ਹੋ ਜਾਂਦੇ ਹਨ । ਪੈਜ—ਇੱਜ਼ਤ ।੨੦।

ਭੰਡਾਰ—ਖ਼ਜ਼ਾਨੇ । ਹਰਿ—ਹੇ ਹਰੀ! ਭਾਵੈ—ਤੇਰੀ ਰਜ਼ਾ ਹੁੰਦੀ ਹੈ ।੨੧।

ਨਿਹਫਲ—ਵਿਅਰਥ । ਚਤੁਰਾਈ—ਸਿਆਣਪ ।੨੨।

ਸਿਮਰਿ—ਸਿਮਰ ਕੇ । ਸੋਇਆ—(ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤਾ ਹੋਇਆ । ਜਾਗਾਈ—ਜਾਗਾਈਂ, ਮੈਂ ਜਾਗਾਂਦਾ ਹਾਂ ।੨੩।

ਮੰਗੈ ਨਾਨਕੁ—ਨਾਨਕ ਮੰਗਦਾ ਹੈ । ਦਾਸਨਿ ਦਾਸੁ—ਦਾਸਾਂ ਦਾ ਦਾਸ । ਕਰਾਈ—ਕਰਾਇ, ਬਣਾ ਦੇ ।੨੪।

ਅਰਥ :—ਹੇ ਪ੍ਰਭੂ! ਤੂੰ ਆਪ ਹੀ ਗੁਰੂ ਹੈਂ, ਤੂੰ ਆਪ ਹੀ ਸਿੱਖ ਹੈਂ । ਮੈਂ ਗੁਰੂ ਦੀ ਰਾਹੀਂ ਤੈਨੂੰ ਹੀ ਧਿਆਉਂਦਾ ਹਾਂ ।੧੯।

ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਸੇਵਾ-ਭਗਤੀ ਕਰਦੇ ਹਨ, ਉਹ ਤੇਰਾ ਹੀ ਰੂਪ ਬਣ ਜਾਂਦੇ ਹਨ । ਤੂੰ ਆਪਣੇ ਸੇਵਕਾਂ ਦੀ ਇੱਜ਼ਤ (ਸਦਾ) ਰੱਖਦਾ ਆਇਆ ਹੈਂ

।੨੦।

ਹੇ ਹਰੀ! ਤੇਰੇ ਪਾਸ ਤੇਰੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ । ਜਿਸ ਨੂੰ ਤੇਰੀ ਰਜ਼ਾ ਹੁੰਦੀ ਹੈ ਉਸ ਨੂੰ ਤੂੰ (ਗੁਰੂ ਦੀ ਰਾਹੀਂ ਇਹ ਖ਼ਜ਼ਾਨਾ) ਦਿਵਾਂਦਾ ਹੈਂ ।੨੧।

ਹੇ ਪ੍ਰਭੂ! (ਤੇਰੀ ਭਗਤੀ ਦਾ ਖ਼ਜ਼ਾਨਾ ਪ੍ਰਾਪਤ ਕਰਨ ਲਈ) ਹਰੇਕ ਸਿਆਣਪ-ਚਤੁਰਾਈ ਵਿਅਰਥ ਹੈ । ਉਹੀ ਮਨੁੱਖ (ਇਹ ਖ਼ਜ਼ਾਨੇ) ਹਾਸਲ ਕਰਦਾ ਹੈ ਜਿਸ ਨੂੰ ਤੂੰ ਆਪ ਦੇਂਦਾ ਹੈ ।੨੨।

ਹੇ ਪ੍ਰਭੂ! (ਤੇਰੀ ਮੇਹਰ ਨਾਲ) ਮੈਂ ਆਪਣੇ ਗੁਰੂ ਨੂੰ ਮੁੜ ਮੁੜ ਯਾਦ ਕਰ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਆਪਣੇ ਮਨ ਨੂੰ ਜਗਾਂਦਾ ਰਹਿੰਦਾ ਹਾਂ ।੨੩।

ਹੇ ਪ੍ਰਭੂ! (ਤੇਰੇ ਦਰ ਤੋਂ ਤੇਰਾ) ਗਰੀਬ (ਦਾਸ) ਨਾਨਕ ਇਕ ਦਾਨ ਮੰਗਦਾ ਹੈ—(ਮੇਹਰ ਕਰ) ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾਈ ਰੱਖ ।੨੪।

ਜੇ ਗੁਰੁ ਝਿੜਕੇ ਤ ਮੀਠਾ ਲਾਗੈ ਜੇ ਬਖਸੇ ਤ ਗੁਰ ਵਡਿਆਈ ॥੨੫॥ ਗੁਰਮੁਖਿ ਬੋਲਹਿ ਸੋ ਥਾਇ ਪਾਏ ਮਨਮੁਖਿ ਕਿਛੁ ਥਾਇ ਨ ਪਾਈ ॥੨੬॥ ਪਾਲਾ ਕਕਰੁ ਵਰਫ ਵਰਸੈ ਗੁਰਸਿਖੁ ਗੁਰ ਦੇਖਣ ਜਾਈ ॥੨੭॥ ਸਭੁ ਦਿਨਸੁ ਰੈਣਿ ਦੇਖਉ ਗੁਰੁ ਅਪੁਨਾ ਵਿਚਿ ਅਖੀ ਗੁਰ ਪੈਰ ਧਰਾਈ ॥੨੮॥ ਅਨੇਕ ਉਪਾਵ ਕਰੀ ਗੁਰ ਕਾਰਣਿ ਗੁਰ ਭਾਵੈ ਸੋ ਥਾਇ ਪਾਈ ॥੨੯॥ ਰੈਣਿ ਦਿਨਸੁ ਗੁਰ ਚਰਣ ਅਰਾਧੀ ਦਇਆ ਕਰਹੁ ਮੇਰੇ ਸਾਈ ॥੩੦॥ ਨਾਨਕ ਕਾ ਜੀਉ ਪਿੰਡੁ ਗੁਰੂ ਹੈ ਗੁਰ ਮਿਲਿ ਤ੍ਰਿਪਤਿ ਅਘਾਈ ॥੩੧॥ ਨਾਨਕ ਕਾ ਪ੍ਰਭੁ ਪੂਰਿ ਰਹਿਓ ਹੈ ਜਤ ਕਤ ਤਤ ਗੋਸਾਈ ॥੩੨॥੧॥ {ਪੰਨਾ ੭੫੮}

ਪਦ ਅਰਥ :—ਵਡਿਆਈ—ਉਪਕਾਰ ।੨੫।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ । ਥਾਇ ਪਾਏ—ਪਰਵਾਨ ਕਰਦਾ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ।੨੬।

ਜਾਈ—ਜਾਂਦਾ ਹੈ ।੨੭।

ਰੈਣਿ—ਰਾਤ । ਦੇਖਉ—ਮੈਂ ਵੇਖਾਂ, ਦੇਖਉਂ । ਵਿਚਿ ਅਖੀ—ਅੱਖਾਂ ਵਿਚ । ਧਰਾਈ—ਧਰਾਈਂ, ਵਸਾਈ ਰੱਖਾਂ ।੨੮।

ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} । ਕਰੀ—ਕਰੀਂ, ਮੈਂ ਕਰਾਂ । ਗੁਰ ਭਾਵੈ—ਗੁਰੂ ਨੂੰ ਚੰਗਾ ਲੱਗੇ ।੨੯।

ਆਰਾਧੀ—ਆਰਾਧੀਂ, ਮੈਂ ਆਰਾਧਾਂ । ਸਾਈ—ਹੇ ਸਾਈਂ! ।੩੦।

ਜੀਉ—ਜਿੰਦ । ਪਿੰਡੁ—ਸਰੀਰ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਤ੍ਰਿਪਤਿ—ਤ੍ਰਿਪਤੀ ਹੋ ਜਾਂਦੀ ਹੈ । ਅਘਾਈ—ਅਘਾਈਂ, ਮੈਂ ਰੱਜ ਜਾਂਦਾ ਹਾਂ ।੩੧।

ਪੂਰਿ ਰਹਿਓ ਹੈ—ਵਿਆਪਕ ਹੈ । ਜਤ—ਜਿੱਥੇ । ਕਤ—ਕਿੱਥੇ । ਤਤ—ਉੱਥੇ । ਜਤ ਕਤ ਤਤ—ਹਰ ਥਾਂ ।੩੨।

ਅਰਥ :—ਜੇ ਗੁਰੂ (ਮੈਨੂੰ ਮੇਰੀ ਕਿਸੇ ਭੁੱਲ ਦੇ ਕਾਰਨ) ਝਿੜਕ ਦੇਵੇ, ਤਾਂ ਉਸ ਦੀ ਉਹ ਝਿੜਕ ਮੈਨੂੰ ਪਿਆਰੀ ਲੱਗਦੀ ਹੈ । ਜੇ ਗੁਰੂ ਮੇਰੇ ਉਤੇ ਮੇਹਰ ਦੀ ਨਿਗਾਹ ਕਰਦਾ ਹੈ, ਤਾਂ ਇਹ ਗੁਰੂ ਦਾ ਉਪਕਾਰ ਹੈ (ਮੇਰੇ ਵਿਚ ਕੋਈ ਗੁਣ ਨਹੀਂ) ।੨੫।

ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਜੇਹੜੇ ਬਚਨ ਬੋਲਦੇ ਹਨ, ਗੁਰੂ ਉਹਨਾਂ ਨੂੰ ਪਰਵਾਨ ਕਰਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਿਆਂ ਦਾ ਬੋਲਿਆ ਪਰਵਾਨ ਨਹੀਂ ਹੁੰਦਾ ।੨੬।

ਪਾਲਾ ਹੋਵੇ, ਕੱਕਰ ਪਏ, ਬਰਫ਼ ਪਏ, ਫਿਰ ਭੀ ਗੁਰੂ ਦਾ ਸਿੱਖ ਗੁਰੂ ਦਾ ਦਰਸਨ ਕਰਨ ਜਾਂਦਾ ਹੈ ।੨੭।

ਮੈਂ ਭੀ ਦਿਨ ਰਾਤ ਹਰ ਵੇਲੇ ਆਪਣੇ ਗੁਰੂ ਦਾ ਦਰਸਨ ਕਰਦਾ ਰਹਿੰਦਾ ਹਾਂ । ਗੁਰੂ ਦੇ ਚਰਨਾਂ ਨੂੰ ਆਪਣੀਆਂ ਅੱਖਾਂ ਵਿਚ ਵਸਾਈ ਰੱਖਦਾ ਹਾਂ ।੨੮।

ਜੇ ਮੈਂ ਗੁਰੂ (ਨੂੰ ਪ੍ਰਸੰਨ ਕਰਨ) ਵਾਸਤੇ ਅਨੇਕਾਂ ਹੀ ਜਤਨ ਕਰਦਾ ਰਹਾਂ ਉਹੀ ਜਤਨ ਕਬੂਲ ਹੁੰਦਾ ਹੈ, ਜੇਹੜਾ ਗੁਰੂ ਨੂੰ ਪਸੰਦ ਆਉਂਦਾ ਹੈ ।੨੯।

ਹੇ ਮੇਰੇ ਖਸਮ-ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਦਿਨ ਰਾਤ ਹਰ ਵੇਲੇ ਗੁਰੂ ਦੇ ਚਰਨਾਂ ਦਾ ਧਿਆਨ ਧਰਦਾ ਰਹਾਂ ।੩੦।

ਨਾਨਕ ਦੀ ਜਿੰਦ ਗੁਰੂ ਦੇ ਹਵਾਲੇ ਹੈ, ਨਾਨਕ ਦਾ ਸਰੀਰ ਗੁਰੂ ਦੇ ਚਰਨਾਂ ਵਿਚ ਹੈ । ਗੁਰੂ ਨੂੰ ਮਿਲ ਕੇ ਮੈਂ ਤ੍ਰਿਪਤ ਹੋ ਜਾਂਦਾ ਹਾਂ, ਰੱਜ ਜਾਂਦਾ ਹਾਂ (ਮਾਇਆ ਦੀ ਭੁੱਖ ਨਹੀਂ ਰਹਿ ਜਾਂਦੀ) ।੩੧।

(ਗੁਰੂ ਦੀ ਕਿਰਪਾ ਨਾਲ ਇਹ ਸਮਝ ਆਉਂਦੀ ਹੈ ਕਿ) ਨਾਨਕ ਦਾ ਪ੍ਰਭੂ ਸ੍ਰਿਸ਼ਟੀ ਦਾ ਖਸਮ ਹਰ ਥਾਂ ਵਿਆਪਕ ਹੋ ਰਿਹਾ ਹੈ ।੩੨।੧।

ਰਾਗੁ ਸੂਹੀ ਮਹਲਾ ੪ ਅਸਟਪਦੀਆ ਘਰੁ ੧੦
ੴ ਸਤਿਗੁਰ ਪ੍ਰਸਾਦਿ ॥ ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ ॥ ਤਨੁ ਮਨੁ ਹੋਇ ਨਿਹਾਲੁ ਜਾ ਗੁਰੁ ਦੇਖਾ ਸਾਮ੍ਹਣੇ ॥੧॥ ਮੈ ਹਰਿ ਹਰਿ ਨਾਮੁ ਵਿਸਾਹੁ ॥ ਗੁਰ ਪੂਰੇ ਤੇ ਪਾਇਆ ਅੰਮ੍ਰਿਤੁ ਅਗਮ ਅਥਾਹੁ ॥੧॥ ਰਹਾਉ ॥ ਹਉ ਸਤਿਗੁਰੁ ਵੇਖਿ ਵਿਗਸੀਆ ਹਰਿਨਾਮੇ ਲਗਾ ਪਿਆਰੁ ॥ ਕਿਰਪਾ ਕਰਿ ਕੈ ਮੇਲਿਅਨੁ ਪਾਇਆ ਮੋਖ ਦੁਆਰੁ ॥੨॥ ਸਤਿਗੁਰੁ ਬਿਰਹੀ ਨਾਮ ਕਾ ਜੇ ਮਿਲੈ ਤ ਤਨੁ ਮਨੁ ਦੇਉ ॥ ਜੇ ਪੂਰਬਿ ਹੋਵੈ ਲਿਖਿਆ ਤਾ ਅੰਮ੍ਰਿਤੁ ਸਹਜਿ ਪੀਏਉ ॥੩॥ ਸੁਤਿਆ ਗੁਰੁ ਸਾਲਾਹੀਐ ਉਠਦਿਆ ਭੀ ਗੁਰੁ ਆਲਾਉ ॥ ਕੋਈ ਐਸਾ ਗੁਰਮੁਖਿ ਜੇ ਮਿਲੈ ਹਉ ਤਾ ਕੇ ਧੋਵਾ ਪਾਉ ॥੪॥ ਕੋਈ ਐਸਾ ਸਜਣੁ ਲੋੜਿ ਲਹੁ ਮੈ ਪ੍ਰੀਤਮੁ ਦੇਇ ਮਿਲਾਇ ॥ ਸਤਿਗੁਰਿ ਮਿਲਿਐ ਹਰਿ ਪਾਇਆ ਮਿਲਿਆ ਸਹਜਿ ਸੁਭਾਇ ॥੫॥ {ਪੰਨਾ ੭੫੮}

ਪਦ ਅਰਥ :—ਅੰਦਰਿ—(ਮੇਰੇ) ਹਿਰਦੇ ਵਿਚ । ਸਚਾ ਨੇਹੁ—ਸਦਾ ਕਾਇਮ ਰਹਿਣ ਵਾਲਾ ਪਿਆਰਿ । ਪ੍ਰੀਤਮ ਆਪਣੈ—ਆਪਣੇ ਪ੍ਰੀਤਮ ਪ੍ਰਭੂ ਦਾ । ਨਿਹਾਲੁ—ਪ੍ਰਸੰਨ । ਜਾ—ਜਦੋਂ । ਦੇਖਾ—ਦੇਖਾਂ, ਮੈਂ ਦੇਖਦਾ ਹਾਂ ।੧।

ਵਿਸਾਹੁ—ਸਰਮਾਇਆ । ਤੇ—ਤੋਂ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਅਗਮ—ਅਪਹੁੰਚ । ਅਥਾਹ—ਬਹੁਤ ਡੂੰਘਾ ।੧।ਰਹਾਉ।

ਹਉ—ਮੈਂ । ਵੇਖਿ—ਵੇਖ ਕੇ । ਵਿਗਸੀਆ—ਖਿੜ ਗਈ ਹਾਂ । ਨਾਮੇ—ਨਾਮਿ, ਨਾਮ ਵਿਚ । ਮੇਲਿਅਨੁ—ਮਿਲਾ ਲਏ ਹਨ । ਮੋਖ ਦੁਆਰੁ—ਮੁਕਤੀ ਦਾ ਦਰਵਾਜ਼ਾ ।੨।

ਬਿਰਹੀ—ਪ੍ਰੇਮੀ । ਤ—ਤਾਂ । ਦੇਉ—ਦੇਉਂ, ਮੈਂ ਦੇ ਦਿਆਂ । ਪੂਰਬਿ—ਪਹਿਲੇ ਜਨਮ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਸਹਜਿ—ਆਤਮਕ ਅਡੋਲਤਾ ਵਿਚ । ਪੀਏਉ—ਪੀਏਉਂ, ਪੀਵਾਂ ।੩।

ਆਲਾਉ—ਆਲਾਉਂ, ਮੈਂ ਉੱਚਾਰਾਂ । ਤਾ ਕੇ—ਉਸ ਦੇ । ਪਾਉ—ਪੈਰ ।੪।

ਲੋੜਿ ਲਹੁ—ਲੱਭ ਲਵੋ, ਲੱਭ ਦੇਵੋ । ਮੈ—ਮੈਨੂੰ । ਸਤਿਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਸੁਭਾਇ—ਪਿਆਰ-ਰੰਗ ਵਿਚ ।੫।

ਅਰਥ :—ਹੇ ਭਾਈ! ਪੂਰੇ ਗੁਰੂ ਪਾਸੋਂ ਮੈਂ ਉਸ ਪਰਮਾਤਮਾ ਦਾ ਨਾਮ-ਸਰਮਾਇਆ ਪ੍ਰਾਪਤ ਕਰ ਲਿਆ ਹੈ ਜੋ ਆਤਮਕ ਜੀਵਨ ਦੇਣ ਵਾਲਾ ਹੈ, ਜੋ (ਗੁਰੂ ਤੋਂ ਬਿਨਾ) ਅਪਹੁੰਚ ਹੈ, ਜੋ ਬੜੇ ਡੂੰਘੇ ਦਿਲ ਵਾਲਾ ਹੈ ।੧।ਰਹਾਉ।

ਹੇ ਭਾਈ! (ਗੁਰੂ ਨੇ) ਆਪਣੇ ਪਿਆਰੇ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਪਿਆਰ ਮੇਰੇ ਹਿਰਦੇ ਵਿਚ ਪੈਦਾ ਕਰ ਦਿੱਤਾ ਹੈ, (ਤਾਹੀਏਂ) ਜਦੋਂ ਮੈਂ ਗੁਰੂ ਨੂੰ ਆਪਣੇ ਸਾਹਮਣੇ ਵੇਖਦਾ ਹਾਂ, ਤਾਂ ਮੇਰਾ ਤਨ ਮੇਰਾ ਮਨ ਖਿੜ ਪੈਂਦਾ ਹੈ ।੧।

ਹੇ ਭਾਈ! ਗੁਰੂ ਨੂੰ ਵੇਖ ਕੇ ਮੇਰੀ ਜਿੰਦ ਖਿੜ ਪੈਂਦੀ ਹੈ, (ਗੁਰੂ ਦੀ ਕਿਰਪਾ) ਪਰਮਾਤਮਾ ਦੇ ਨਾਮ ਵਿਚ ਮੇਰਾ ਪਿਆਰ ਬਣ ਗਿਆ ਹੈ । (ਜਿਨ੍ਹਾਂ ਨੂੰ ਗੁਰੂ ਨੇ) ਮੇਹਰ ਕਰ ਕੇ (ਪਰਮਾਤਮਾ ਦੇ ਚਰਨਾਂ ਨਾਲ) ਜੋੜ ਦਿੱਤਾ, ਉਹਨਾਂ ਨੇ (ਦੁਨੀਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਲਿਆ ।੨।

ਹੇ ਭਾਈ! ਗੁਰੂ ਪਰਮਾਤਮਾ ਦੇ ਨਾਮ ਦਾ ਪ੍ਰੇਮੀ ਹੈ, ਜੇ ਮੈਨੂੰ ਗੁਰੂ ਮਿਲ ਪਏ ਤਾਂ ਮੈਂ ਆਪਣਾ ਤਨ ਆਪਣਾ ਮਨ ਉਸ ਦੇ ਅੱਗੇ ਭੇਟ ਰੱਖ ਦਿਆਂ । ਜੇ ਪੂਰਬਲੇ ਸਮੇ ਵਿਚ (ਗੁਰੂ ਦੇ ਮਿਲਾਪ ਦਾ ਲੇਖ ਮੱਥੇ ਉਤੇ) ਲਿਖਿਆ ਹੋਵੇ, ਤਾਂ ਹੀ (ਗੁਰੂ ਪਾਸੋਂ ਲੈ ਕੇ) ਮੈਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆਤਮਕ ਅਡੋਲਤਾ ਵਿਚ ਪੀ ਸਕਦਾ ਹਾਂ ।੩।

ਹੇ ਭਾਈ! ਸੁੱਤੇ ਪਿਆਂ ਭੀ ਗੁਰੂ ਦੀ ਵਡਿਆਈ ਕਰਨੀ ਚਾਹੀਦੀ ਹੈ, ਉੱਠਦੇ ਸਾਰ ਭੀ ਮੈਂ ਗੁਰੂ ਦਾ ਨਾਮ ਉਚਾਰਾਂ—ਜੇ ਇਹੋ ਜਿਹੀ ਮਤਿ ਦੇਣ ਵਾਲੇ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਸੱਜਣ ਮੈਨੂੰ ਮਿਲ ਪਏ, ਤਾਂ ਮੈਂ ਉਸ ਦੇ ਪੈਰ ਧੋਵਾਂ ।੪।

ਹੇ ਭਾਈ! ਕੋਈ ਅਜੇਹਾ ਸੱਜਣ ਮੈਨੂੰ ਲੱਭ ਦੇਵੋ, ਜੇਹੜਾ ਮੈਨੂੰ ਪ੍ਰੀਤਮ-ਗੁਰੂ ਮਿਲਾ ਦੇਵੇ । ਗੁਰੂ ਦੇ ਮਿਲਿਆਂ ਹੀ ਪਰਮਾਤਮਾ (ਦਾ ਮਿਲਾਪ) ਹਾਸਲ ਹੁੰਦਾ ਹੈ । (ਜਿਸ ਨੂੰ ਗੁਰੂ ਮਿਲ ਪੈਂਦਾ ਹੈ, ਉਸ ਨੂੰ) ਪਰਮਾਤਮਾ ਆਤਮਕ ਅਡੋਲਤਾ ਵਿਚ ਪਿਆਰ-ਰੰਗ ਵਿਚ ਮਿਲ ਪੈਂਦਾ ਹੈ ।੫।

ਸਤਿਗੁਰੁ ਸਾਗਰੁ ਗੁਣ ਨਾਮ ਕਾ ਮੈ ਤਿਸੁ ਦੇਖਣ ਕਾ ਚਾਉ ॥ ਹਉ ਤਿਸੁ ਬਿਨੁ ਘੜੀ ਨ ਜੀਵਊ ਬਿਨੁ ਦੇਖੇ ਮਰਿ ਜਾਉ ॥੬॥ ਜਿਉ ਮਛੁਲੀ ਵਿਣੁ ਪਾਣੀਐ ਰਹੈ ਨ ਕਿਤੈ ਉਪਾਇ ॥ ਤਿਉ ਹਰਿ ਬਿਨੁ ਸੰਤੁ ਨ ਜੀਵਈ ਬਿਨੁ ਹਰਿਨਾਮੈ ਮਰਿ ਜਾਇ ॥੭॥ ਮੈ ਸਤਿਗੁਰ ਸੇਤੀ ਪਿਰਹੜੀ ਕਿਉ ਗੁਰ ਬਿਨੁ ਜੀਵਾ ਮਾਉ ॥ ਮੈ ਗੁਰਬਾਣੀ ਆਧਾਰੁ ਹੈ ਗੁਰਬਾਣੀ ਲਾਗਿ ਰਹਾਉ ॥੮॥ ਹਰਿ ਹਰਿ ਨਾਮੁ ਰਤੰਨੁ ਹੈ ਗੁਰੁ ਤੁਠਾ ਦੇਵੈ ਮਾਇ ॥ ਮੈ ਧਰ ਸਚੇ ਨਾਮ ਕੀ ਹਰਿਨਾਮਿ ਰਹਾ ਲਿਵ ਲਾਇ ॥੯॥ {ਪੰਨਾ ੭੫੯}

ਪਦ ਅਰਥ :—ਸਾਗਰੁ—ਸਮੁੰਦਰ । ਤਿਸੁ—ਉਸ (ਗੁਰੂ) ਨੂੰ । ਹਉ—ਮੈਂ । ਨ ਜੀਵਊ—(ਆਤਮਕ ਜੀਵਨ) ਜੀਊ ਨਹੀਂ ਸਕਦਾ । ਮਰਿ ਜਾਉ—ਮਰਿ ਜਾਉਂ, ਮੇਰੀ ਆਤਮਕ ਮੌਤ ਹੋ ਜਾਂਦੀ ਹੈ ।੬।

ਕਿਤੈ ਉਪਾਇ—ਕਿਸੇ ਭੀ ਜਤਨ ਨਾਲ । ਨ ਜੀਵਈ—ਨ ਜੀਵੈ, ਆਤਮਕ ਜੀਵਨ ਕਾਇਮ ਨਹੀਂ ਰੱਖ ਸਕਦਾ ।੭।

ਸੇਤੀ—ਨਾਲ । ਪਿਰਹੜੀ—ਪਿਆਰ । ਕਿਉ ਜੀਵਾ—ਕਿਉਂ ਜੀਵਾਂ? ਕਿਵੇਂ ਜੀ ਸਕਦਾ ਹਾਂ? ਮਾਉ—ਹੇ ਮਾਂ! ਆਧਾਰੁ—ਆਸਰਾ । ਲਾਗਿ ਰਹਾਉ—ਲੱਗ ਕੇ ਟਿਕ ਸਕਦਾ ਹਾਂ ।੮।

ਤੁਠਾ—ਪ੍ਰਸੰਨ । ਮਾਇ—ਹੇ ਮਾਂ! ਧਰ—ਆਸਰਾ । ਨਾਮਿ—ਨਾਮ ਵਿਚ । ਲਿਵ ਲਾਇ—ਸੁਰਤਿ ਜੋੜ ਕੇ । ਰਹਾ—ਰਹਿ ਸਕਦਾ ਹਾਂ ।੯।

ਅਰਥ :—ਹੇ ਭਾਈ! ਗੁਰੂ ਗੁਣਾਂ ਦਾ ਸਮੁੰਦਰ ਹੈ, ਪਰਮਾਤਮਾ ਦੇ ਨਾਮ ਦਾ ਸਮੁੰਦਰ ਹੈ । ਉਸ ਗੁਰੂ ਦਾ ਦਰਸਨ ਕਰਨ ਦੀ ਤੈਨੂੰ ਤਾਂਘ ਲੱਗੀ ਹੋਈ ਹੈ । ਮੈਂ ਉਸ ਗੁਰੂ ਤੋਂ ਬਿਨਾ ਇਕ ਘੜੀ ਭਰ ਭੀ ਆਤਮਕ ਜੀਵਨ ਕਾਇਮ ਨਹੀਂ ਰੱਖ ਸਕਦਾ । ਗੁਰੂ ਦਾ ਦਰਸਨ ਕਰਨ ਤੋਂ ਬਿਨਾ ਮੇਰੀ ਆਤਮਕ ਮੌਤ ਹੋ ਜਾਂਦੀ ਹੈ ।੬।

ਹੇ ਭਾਈ! ਜਿਵੇਂ ਮੱਛੀ ਪਾਣੀ ਤੋਂ ਬਿਨਾ ਹੋਰ ਕਿਸੇ ਭੀ ਜਤਨ ਨਾਲ ਜੀਊਂਦੀ ਨਹੀਂ ਰਹਿ ਸਕਦੀ, ਤਿਵੇਂ ਪਰਮਾਤਮਾ ਤੋਂ ਬਿਨਾ ਸੰਤ ਭੀ ਜੀਊ ਨਹੀਂ ਸਕਦਾ, ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਆਪਣੀ ਆਤਮਕ ਮੌਤ ਸਮਝਦਾ ਹੈ ।੭।

ਹੇ ਮਾਂ! ਮੇਰਾ ਆਪਣੇ ਗੁਰੂ ਨਾਲ ਡੂੰਘਾ ਪਿਆਰ ਹੈ । ਗੁਰੂ ਤੋਂ ਬਿਨਾ ਮੈਂ ਕਿਵੇਂ ਜੀਊ ਸਕਦਾ ਹਾਂ? ਗੁਰੂ ਦੀ ਬਾਣੀ ਮੇਰਾ ਸਹਾਰਾ ਹੈ । ਗੁਰੂ ਦੀ ਬਾਣੀ ਵਿਚ

ਜੁੜ ਕੇ ਹੀ ਮੈਂ ਰਹਿ ਸਕਦਾ ਹਾਂ ।੮।

ਹੇ ਮਾਂ! ਪਰਮਾਤਮਾ ਦਾ ਨਾਮ ਰਤਨ (ਵਰਗਾ ਕੀਮਤੀ ਪਦਾਰਥ) ਹੈ । ਗੁਰੂ (ਜਿਸ ਉਤੇ) ਪ੍ਰਸੰਨ (ਹੁੰਦਾ ਹੈ, ਉਸ ਨੂੰ ਇਹ ਰਤਨ) ਦੇਂਦਾ ਹੈ । ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਹੀ ਮੇਰਾ ਆਸਰਾ ਬਣ ਚੁਕਾ ਹੈ । ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜ ਕੇ ਹੀ ਮੈਂ ਰਹਿ ਸਕਦਾ ਹਾਂ ।੯।

ਗੁਰ ਗਿਆਨੁ ਪਦਾਰਥੁ ਨਾਮੁ ਹੈ ਹਰਿਨਾਮੋ ਦੇਇ ਦ੍ਰਿੜਾਇ ॥ ਜਿਸੁ ਪਰਾਪਤਿ ਸੋ ਲਹੈ ਗੁਰ ਚਰਣੀ ਲਾਗੈ ਆਇ ॥੧੦॥ ਅਕਥ ਕਹਾਣੀ ਪ੍ਰੇਮ ਕੀ ਕੋ ਪ੍ਰੀਤਮੁ ਆਖੈ ਆਇ ॥ ਤਿਸੁ ਦੇਵਾ ਮਨੁ ਆਪਣਾ ਨਿਵਿ ਨਿਵਿ ਲਾਗਾ ਪਾਇ ॥੧੧॥ ਸਜਣੁ ਮੇਰਾ ਏਕੁ ਤੂੰ ਕਰਤਾ ਪੁਰਖੁ ਸੁਜਾਣੁ ॥ ਸਤਿਗੁਰਿ ਮੀਤਿ ਮਿਲਾਇਆ ਮੈ ਸਦਾ ਸਦਾ ਤੇਰਾ ਤਾਣੁ ॥੧੨॥ ਸਤਿਗੁਰੁ ਮੇਰਾ ਸਦਾ ਸਦਾ ਨਾ ਆਵੈ ਨ ਜਾਇ ॥ ਓਹੁ ਅਬਿਨਾਸੀ ਪੁਰਖੁ ਹੈ ਸਭ ਮਹਿ ਰਹਿਆ ਸਮਾਇ ॥੧੩॥ ਰਾਮਨਾਮ ਧਨੁ ਸੰਚਿਆ ਸਾਬਤੁ ਪੂੰਜੀ ਰਾਸਿ ॥ ਨਾਨਕ ਦਰਗਹ ਮੰਨਿਆ ਗੁਰ ਪੂਰੇ ਸਾਬਾਸਿ ॥੧੪॥੧॥੨॥੧੧॥ {ਪੰਨਾ ੭੫੯}

ਪਦ ਅਰਥ :—ਗੁਰ ਗਿਆਨੁ—ਗੁਰੂ ਦੀ ਦਿੱਤੀ ਹੋਈ ਆਤਮਕ ਜੀਵਨ ਦੀ ਸੂਝ । ਪਦਾਰਥੁ—ਕੀਮਤੀ ਚੀਜ਼ । ਨਾਮੋ—ਨਾਮ ਹੀ । ਦੇਇ ਦ੍ਰਿੜਾਇ—ਹਿਰਦੇ ਵਿਚ ਪੱਕਾ ਕਰ ਦੇਂਦਾ ਹੈ । ਲਹੈ—ਹਾਸਲ ਕਰਦਾ ਹੈ । ਆਇ—ਆ ਕੇ ।੧੦।

ਅਕਥ—ਜੋ ਬਿਆਨ ਨਾਹ ਕੀਤੀ ਜਾ ਸਕੇ । ਕੋ ਪ੍ਰੀਤਮੁ—(ਜੇ) ਕੋਈ ਪਿਆਰਾ ਸੱਜਣ । ਆਇ—ਆ ਕੇ । ਦੇਵਾ—ਦੇਵਾਂ । ਨਿਵਿ—ਨਿਊਂ ਕੇ । ਲਾਗਾ—ਲਾਗਾਂ । ਪਾਇ—ਪੈਰੀਂ ।੧੧।

ਏਕੁ ਤੂੰ—ਸਿਰਫ਼ ਤੂੰ ਹੀ । ਸੁਜਾਣੁ—ਸਿਆਣਾ । ਸਤਿਗੁਰਿ—ਗੁਰੂ ਨੇ । ਮੀਤਿ—ਮਿੱਤਰ ਨੇ । ਤਾਣੁ—ਆਸਰਾ ।੧੨।

ਆਵੈ—ਜੰਮਦਾ । ਜਾਇ—ਮਰਦਾ । ਅਬਿਨਾਸੀ—ਨਾਸ-ਰਹਿਤ ।੧੩।

ਸੰਚਿਆ—ਇਕੱਠਾ ਕੀਤਾ । ਸਾਬਤੁ—ਕਦੇ ਨਾਹ ਘਟਣ ਵਾਲੀ । ਮੰਨਿਆ—ਸਤਕਾਰਿਆ ਜਾਂਦਾ ਹੈ । ਸਾਬਾਸਿ—ਸਾਬਾਸ਼, ਥਾਪਣਾ ।੧੪।

ਅਰਥ :—ਹੇ ਭਾਈ! ਗੁਰੂ ਦੀ ਦਿੱਤੀ ਹੋਈ ਆਤਮਕ ਜੀਵਨ ਦੀ ਸੂਝ ਇਕ ਕੀਮਤੀ ਚੀਜ਼ ਹੈ । ਗੁਰੂ ਦਾ ਦਿੱਤਾ ਹੋਇਆ ਹਰਿ-ਨਾਮ ਕੀਮਤੀ ਪਦਾਰਥ ਹੈ । ਜਿਸ ਮਨੁੱਖ ਦੇ ਭਾਗਾਂ ਵਿਚ ਇਸ ਦੀ ਪ੍ਰਾਪਤੀ ਲਿਖੀ ਹੈ, ਉਹ ਮਨੁੱਖ ਗੁਰੂ ਦੀ ਚਰਨੀਂ ਆ ਲੱਗਦਾ ਹੈ, ਤੇ ਇਹ ਪਦਾਰਥ ਹਾਸਲ ਕਰ ਲੈਂਦਾ ਹੈ । ਗੁਰੂ ਉਸ ਦੇ ਹਿਰਦੇ ਵਿਚ ਹਰਿ-ਨਾਮ ਪੱਕਾ ਕਰ ਦੇਂਦਾ ਹੈ ।੧੦।

ਹੇ ਭਾਈ! ਪ੍ਰਭੂ ਦੇ ਪ੍ਰੇਮ ਦੀ ਕਹਾਣੀ ਹਰ ਕੋਈ ਬਿਆਨ ਨਹੀਂ ਕਰ ਸਕਦਾ । ਜੇ ਕੋਈ ਪਿਆਰਾ ਸੱਜਣ ਮੈਨੂੰ ਆ ਕੇ ਇਹ ਕਹਾਣੀ ਸੁਣਾਏ, ਤਾਂ ਮੈਂ ਆਪਣਾ ਮਨ ਉਸ ਦੇ ਹਵਾਲੇ ਕਰ ਦਿਆਂ, ਲਿਫ਼ ਲਿਫ਼ ਕੇ ਉਸ ਦੇ ਪੈਰਾਂ ਤੇ ਢਹਿ ਪਵਾਂ ।੧੧।

ਹੇ ਪ੍ਰਭੂ! ਸਿਰਫ਼ ਤੂੰ ਹੀ ਮੇਰਾ (ਅਸਲ) ਸੱਜਣ ਹੈਂ । ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਸਭ ਵਿਚ ਵਿਆਪਕ ਹੈਂ, ਸਭ ਦੀ ਜਾਣਨ ਵਾਲਾ ਹੈਂ । ਮਿੱਤਰ ਗੁਰੂ ਨੇ ਮੈਨੂੰ ਤੇਰੇ ਨਾਲ ਮਿਲਾ ਦਿੱਤਾ ਹੈ । ਮੈਨੂੰ ਸਦਾ ਹੀ ਤੇਰਾ ਸਹਾਰਾ ਹੈ ।੧੨।

ਹੇ ਭਾਈ! ਪਿਆਰਾ ਗੁਰੂ (ਦੱਸਦਾ ਹੈ ਕਿ) ਪਰਮਾਤਮਾ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ । ਉਹ ਪੁਰਖ-ਪ੍ਰਭੂ ਕਦੇ ਨਾਸ ਹੋਣ ਵਾਲਾ ਨਹੀਂ, ਉਹ ਸਭਨਾਂ ਵਿਚ ਮੌਜੂਦ ਹੈ ।੧੩।

ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਥਾਪਣਾ ਦੇ ਦਿੱਤੀ ਉਸ ਨੇ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ ਲਿਆ, ਉਸ ਦੀ ਇਹ ਰਾਸਿ-ਪੂੰਜੀ ਸਦਾ ਅਖੁੱਟ ਰਹਿੰਦੀ ਹੈ, ਤੇ ਉਸ ਨੂੰ ਪ੍ਰਭੂ ਦੀ ਦਰਗਾਹ ਵਿਚ ਸਤਕਾਰ ਪ੍ਰਾਪਤ ਹੁੰਦਾ ਹੈ ।੧੪।੧।੨।੧੧।

ਨੋਟ :—ਘਰ ੧੦ ਦੀ ਅਸਟਪਦੀ ੧
ਸੂਹੀ ਵਿਚ ਮ: ੪ ਦੀਆਂ ਅਸ਼ਟਪਦੀਆਂ ੨
ਕੁਲ ਅਸ਼ਟਪਦੀਆਂ—੧੧

ਰਾਗੁ ਸੂਹੀ ਅਸਟਪਦੀਆ ਮਹਲਾ ੫ ਘਰੁ ੧
ੴ ਸਤਿਗੁਰ ਪ੍ਰਸਾਦਿ ॥ ਉਰਝਿ ਰਹਿਓ ਬਿਖਿਆ ਕੈ ਸੰਗਾ ॥ ਮਨਹਿ ਬਿਆਪਤ ਅਨਿਕ ਤਰੰਗਾ ॥੧॥ ਮੇਰੇ ਮਨ, ਅਗਮ ਅਗੋਚਰ ॥ ਕਤ ਪਾਈਐ ਪੂਰਨ ਪਰਮੇਸਰ ॥੧॥ ਰਹਾਉ ॥ ਮੋਹ ਮਗਨ ਮਹਿ ਰਹਿਆ ਬਿਆਪੇ ॥ ਅਤਿ ਤ੍ਰਿਸਨਾ ਕਬਹੂ ਨਹੀ ਧ੍ਰਾਪੇ ॥੨॥ ਬਸਇ ਕਰੋਧੁ ਸਰੀਰਿ ਚੰਡਾਰਾ ॥ ਅਗਿਆਨਿ ਨ ਸੂਝੈ ਮਹਾ ਗੁਬਾਰਾ ॥੩॥ ਭ੍ਰਮਤ ਬਿਆਪਤ ਜਰੇ ਕਿਵਾਰਾ ॥ ਜਾਣੁ ਨ ਪਾਈਐ ਪ੍ਰਭ ਦਰਬਾਰਾ ॥੪॥ ਆਸਾ ਅੰਦੇਸਾ ਬੰਧਿ ਪਰਾਨਾ ॥ ਮਹਲੁ ਨ ਪਾਵੈ ਫਿਰਤ ਬਿਗਾਨਾ ॥੫॥ ਸਗਲ ਬਿਆਧਿ ਕੈ ਵਸਿ ਕਰਿ ਦੀਨਾ ॥ ਫਿਰਤ ਪਿਆਸ ਜਿਉ ਜਲ ਬਿਨੁ ਮੀਨਾ ॥੬॥ ਕਛੂ ਸਿਆਨਪ ਉਕਤਿ ਨ ਮੋਰੀ ॥ ਏਕ ਆਸ ਠਾਕੁਰ ਪ੍ਰਭ ਤੋਰੀ ॥੭॥ ਕਰਉ ਬੇਨਤੀ ਸੰਤਨ ਪਾਸੇ ॥ ਮੇਲਿ ਲੈਹੁ ਨਾਨਕ ਅਰਦਾਸੇ ॥੮॥ ਭਇਓ ਕ੍ਰਿਪਾਲੁ ਸਾਧਸੰਗੁ ਪਾਇਆ ॥ ਨਾਨਕ ਤ੍ਰਿਪਤੇ ਪੂਰਾ ਪਾਇਆ ॥੧॥ ਰਹਾਉ ਦੂਜਾ ॥੧॥ {ਪੰਨਾ ੭੫੯}

ਪਦ ਅਰਥ :—ਉਰਝਿ ਰਹਿਓ—ਉਲਝਿਆ ਹੋਇਆ ਹੈ, ਫਸਿਆ ਪਿਆ ਹੈ । ਬਿਖਿਆ—ਮਾਇਆ (ਦਾ ਮੋਹ) । ਕੈ ਸੰਗਾ—ਦੇ ਨਾਲ । ਮਨਹਿ—ਮਨ ਉਤੇ । ਬਿਆਪਤ—ਜ਼ੋਰ ਪਾਇਆ ਹੋਇਆ ਹੈ । ਤਰੰਗਾ—ਲਹਿਰਾਂ ।੧।

ਮਨ—ਹੇ ਮਨ! ਅਗਮ—ਅਪਹੁੰਚ ਪ੍ਰਭੂ । ਅਗੋਚਰ—{ਅ-ਗੋ-ਚਰ । ਗੋ—ਗਿਆਨ-ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰੇ ਨਹੀਂ ਪਹੁੰਚ ਸਕਦੇ । ਕਤ—ਕਿਵੇਂ? ।੧।ਰਹਾਉ।

ਮਗਨ—ਮਗਨਤਾ, ਮਸਤੀ । ਬਿਆਪੇ—ਫਸਿਆ ਹੋਇਆ । ਅਤਿ—ਬਹੁਤ । ਧ੍ਰਾਪੇ—ਰੱਜਦਾ ।੨।

ਬਸਇ—ਬਸੈ, ਵੱਸਦਾ ਹੈ । ਸਰੀਰਿ—ਸਰੀਰ ਵਿਚ । ਚੰਡਾਰਾ—ਚੰਡਾਲ । ਅਗਿਆਨਿ—ਅਗਿਆਨ ਦੇ ਕਾਰਨ, ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਕਾਰਨ । ਗੁਬਾਰਾ—ਹਨੇਰਾ ।੩।

ਭ੍ਰਮਤ—ਭਟਕਣਾ । ਬਿਆਪਤ—ਮਾਇਆ ਦਾ ਜ਼ੋਰ । ਜਰੇ—ਜੜੇ । ਕਿਵਾਰਾ—ਕਿਵਾੜ, ਭਿੱਤ । ਜਾਣੁ ਨ ਪਾਈਐ—ਪਹੁੰਚ ਨਹੀਂ ਸਕੀਦਾ ।੪।

ਅੰਦੇਸਾ—ਚਿੰਤਾ । ਬੰਧਿ—ਬੰਧਨ ਵਿਚ । ਮਹਲੁ—ਪ੍ਰਭੂ ਦੀ ਹਜ਼ੂਰੀ । ਬਿਗਾਨਾ—ਓਪਰਾ ।੫।

ਬਿਆਧਿ—ਮਾਨਸਕ ਰੋਗ । ਕੈ ਵਸਿ—ਦੇ ਕਾਬੂ ਵਿਚ । ਮੀਨਾ—ਮੱਛੀ ।੬।

ਉਕਤਿ—ਦਲੀਲ, ਵਿਚਾਰ । ਮੋਰੀ—ਮੇਰੀ । ਠਾਕੁਰ—ਹੇ ਠਾਕੁਰ! ਤੋਰੀ—ਤੇਰੀ ।੭।

ਕਰਉ—ਕਰਉਂ, ਮੈਂ ਕਰਦਾ ਹਾਂ । ਅਰਦਾਸੇ—ਅਰਜ਼ੋਈ ।੮।

ਸਾਧ ਸੰਗੁ—ਗੁਰੂ ਦੀ ਸੰਗਤਿ । ਤ੍ਰਿਪਤੇ—ਰੱਜ ਗਏ ।੧।ਰਹਾਉ ਦੂਜਾ।

ਅਰਥ :—ਹੇ ਮੇਰੇ ਮਨ! ਉਹ ਪੂਰਨ ਪਰਾਮਤਮਾ ਕਿਵੇਂ ਲੱਭੇ? ਮਨੁੱਖ ਦੀ ਅਕਲ ਦੀ ਪਹੁੰਚ ਤੋਂ ਉਹ ਪਰੇ ਹੈ, ਗਿਆਨ-ਇੰਦ੍ਰਿਆਂ ਦੀ ਸਹਾਇਤਾ ਨਾਲ ਭੀ ਉਸ ਤਕ ਨਹੀਂ ਅੱਪੜ ਸਕੀਦਾ ।੧।ਰਹਾਉ।

ਮਨੁੱਖ ਮਾਇਆ ਦੀ ਸੰਗਤਿ ਵਿਚ ਫਸਿਆ ਰਹਿੰਦਾ ਹੈ, ਮਨੁੱਖ ਦੇ ਮਨ ਨੂੰ (ਲੋਭ ਦੀਆਂ) ਅਨੇਕਾਂ ਲਹਿਰਾਂ ਦਬਾਈ ਰੱਖਦੀਆਂ ਹਨ ।੧।

ਮੋਹ ਦੀ ਮਗਨਤਾ ਵਿਚ ਦਬਾਇਆ ਰਹਿੰਦਾ ਹੈ, (ਹਰ ਵੇਲੇ ਇਸ ਨੂੰ ਮਾਇਆ ਦੀ) ਬਹੁਤ ਤ੍ਰਿਸ਼ਨਾ ਲੱਗੀ ਰਹਿੰਦੀ ਹੈ, ਕਿਸੇ ਵੇਲੇ ਭੀ (ਇਸ ਦਾ ਮਨ) ਰੱਜਦਾ ਨਹੀਂ ।੨।

ਮਨੁੱਖ ਦੇ ਸਰੀਰ ਵਿਚ ਚੰਡਾਲ ਕ੍ਰੋਧ ਵੱਸਦਾ ਰਹਿੰਦਾ ਹੈ । ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਕਾਰਨ (ਇਸ ਦੇ ਜੀਵਨ-ਸਫ਼ਰ ਵਿਚ) ਬੜਾ ਹਨੇਰਾ ਰਹਿੰਦਾ ਹੈ (ਜਿਸ ਕਰਕੇ ਇਸ ਨੂੰ ਸਹੀ ਜੀਵਨ-ਰਸਤਾ) ਨਹੀਂ ਸੁੱਝਦਾ (ਦਿੱਸਦਾ) ।੩।

ਭਟਕਣਾ ਅਤੇ ਮਾਇਆ ਦਾ ਦਬਾਉ—(ਹਰ ਵੇਲੇ) ਇਹ ਦੋ ਕਿਵਾੜ ਵੱਜੇ ਰਹਿੰਦੇ ਹਨ, ਇਸ ਵਾਸਤੇ ਮਨੁੱਖ ਪਰਮਾਤਮਾ ਦੇ ਦਰਬਾਰ ਵਿਚ ਪਹੁੰਚ ਨਹੀਂ ਸਕਦਾ ।੪।

ਮਨੁੱਖ ਹਰ ਵੇਲੇ ਮਾਇਆ ਦੀ ਆਸਾ ਅਤੇ ਚਿੰਤਾ-ਫ਼ਿਕਰ ਦੇ ਬੰਧਨ ਵਿਚ ਪਿਆ ਰਹਿੰਦਾ ਹੈ, ਪ੍ਰਭੂ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦਾ, ਪਰਦੇਸੀਆਂ ਵਾਂਗ (ਰਾਹੋਂ ਖੁੰਝਾ ਹੋਇਆ) ਭਟਕਦਾ ਫਿਰਦਾ ਹੈ ।੫।

ਹੇ ਭਾਈ! ਮਨੁੱਖ ਸਾਰੀਆਂ ਮਾਨਸਕ ਬੀਮਾਰੀਆਂ ਦੇ ਵਸ ਵਿਚ ਆਇਆ ਰਹਿੰਦਾ ਹੈ, ਜਿਵੇਂ ਪਾਣੀ ਤੋਂ ਬਿਨਾ ਮੱਛੀ ਤੜਫਦੀ ਹੈ, ਤਿਵੇਂ ਇਹ ਤ੍ਰਿਸ਼ਨਾ ਦਾ ਮਾਰਿਆ ਭਟਕਦਾ ਹੈ ।੬।

ਹੇ ਪ੍ਰਭੂ! (ਇਹਨਾਂ ਸਾਰੇ ਵਿਕਾਰਾਂ ਦੇ ਟਾਕਰੇ) ਮੇਰੀ ਕੋਈ ਚਤੁਰਾਈ ਕੋਈ ਵਿਚਾਰ ਨਹੀਂ ਚੱਲ ਸਕਦੀ । ਹੇ ਮੇਰੇ ਮਾਲਕ! ਸਿਰਫ਼ ਤੇਰੀ (ਸਹਾਇਤਾ ਦੀ ਹੀ) ਆਸ ਹੈ (ਕਿ ਉਹ ਬਚਾ ਲਏ) ।੭।

ਹੇ ਪ੍ਰਭੂ! ਮੈਂ ਤੇਰੇ ਸੰਤ ਜਨਾਂ ਅੱਗੇ ਬੇਨਤੀ ਕਰਦਾ ਹਾਂ, ਅਰਜ਼ੋਈ ਕਰਦਾ ਹਾਂ ਕਿ ਮੈਨੂੰ ਨਾਨਕ ਨੂੰ (ਆਪਣੇ ਚਰਨਾਂ ਵਿਚ) ਮਿਲਾਈ ਰੱਖਣ ।੮।

ਹੇ ਨਾਨਕ! (ਆਖ—) ਜਿਨ੍ਹਾਂ ਮਨੁੱਖਾਂ ਉੱਤੇ ਪਰਮਾਤਮਾ ਦਇਆਵਾਨ ਹੁੰਦਾ ਹੈ, ਉਹਨਾਂ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ, ਤੇ, ਉਹਨਾਂ ਨੂੰ ਪੂਰਨ ਪ੍ਰਭੂ ਮਿਲ ਪੈਂਦਾ ਹੈ ।੧। ਰਹਾਉ ਦੂਜਾ ।੧।

ਰਾਗੁ ਸੂਹੀ ਮਹਲਾ ੫ ਘਰੁ ੩

ੴ ਸਤਿਗੁਰ ਪ੍ਰਸਾਦਿ ॥ ਮਿਥਨ ਮੋਹ ਅਗਨਿ ਸੋਕ ਸਾਗਰ ॥ ਕਰਿ ਕਿਰਪਾ ਉਧਰੁ ਹਰਿ ਨਾਗਰ ॥੧॥ ਚਰਣ ਕਮਲ ਸਰਣਾਇ ਨਰਾਇਣ ॥ ਦੀਨਾਨਾਥ ਭਗਤ ਪਰਾਇਣ ॥੧॥ ਰਹਾਉ ॥ ਅਨਾਥਾ ਨਾਥ ਭਗਤ ਭੈ ਮੇਟਨ ॥ ਸਾਧਸੰਗਿ ਜਮਦੂਤ ਨ ਭੇਟਨ ॥੨॥ ਜੀਵਨ ਰੂਪ ਅਨੂਪ ਦਇਆਲਾ ॥ ਰਵਣ ਗੁਣਾ ਕਟੀਐ ਜਮ ਜਾਲਾ ॥੩॥ ਅੰਮ੍ਰਿਤ ਨਾਮੁ ਰਸਨ ਨਿਤ ਜਾਪੈ ॥ ਰੋਗ ਰੂਪ ਮਾਇਆ ਨ ਬਿਆਪੈ ॥੪॥ ਜਪਿ ਗੋਬਿੰਦ ਸੰਗੀ ਸਭਿ ਤਾਰੇ ॥ ਪੋਹਤ ਨਾਹੀ ਪੰਚ ਬਟਵਾਰੇ ॥੫॥ ਮਨ ਬਚ ਕ੍ਰਮ ਪ੍ਰਭੁ ਏਕੁ ਧਿਆਏ ॥ ਸਰਬ ਫਲਾ ਸੋਈ ਜਨੁ ਪਾਏ ॥੬॥ ਧਾਰਿ ਅਨੁਗ੍ਰਹੁ ਅਪਨਾ ਪ੍ਰਭਿ ਕੀਨਾ ॥ ਕੇਵਲ ਨਾਮੁ ਭਗਤਿ ਰਸੁ ਦੀਨਾ ॥੭॥ ਆਦਿ ਮਧਿ ਅੰਤਿ ਪ੍ਰਭੁ ਸੋਈ ॥ ਨਾਨਕ ਤਿਸੁ ਬਿਨੁ ਅਵਰੁ ਨ ਕੋਈ ॥੮॥੧॥੨॥ {ਪੰਨਾ ੭੬੦}

ਪਦ ਅਰਥ :—ਮਿਥਨ—ਨਾਸਵੰਤ । ਅਗਨਿ—(ਤ੍ਰਿਸ਼ਨਾ ਦੀ) ਅੱਗ । ਸੋਕ—ਸ਼ੋਕ, ਚਿੰਤਾ । ਸਾਗਰ—ਸਮੁੰਦਰ । ਕਰਿ—ਕਰ ਕੇ । ਉਧਰੁ—ਬਚਾ ਲੈ । ਹਰਿ ਨਾਗਰ—ਹੇ ਸੋਹਣੇ ਹਰੀ! ।੧।

ਨਰਾਇਣ—ਹੇ ਨਰਾਇਣ! ਪਰਾਇਣ—ਆਸਰਾ ।੧।ਰਹਾਉ।

ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ਸਾਰੇ ਡਰ । ਸਾਧਸੰਗਿ—ਸੰਗਤਿ ਵਿਚ । ਭੇਟਨ—ਨੇੜੇ ਢੁਕਦਾ ।੨।

ਅਨੂਪ—ਅਦੁੱਤੀ । ਰਵਣ—ਸਿਮਰਨ ।੩।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਰਸਨ—ਜੀਭ (ਨਾਲ) । ਨ ਬਿਆਪੈ—ਜ਼ੋਰ ਨਹੀਂ ਪਾ ਸਕਦੀ ।੪।

ਸੰਗੀ—ਸਾਥੀ । ਸਭਿ—ਸਾਰੇ । ਪੰਚ—ਪੰਜ । ਬਟਵਾਰੇ—ਲੁਟੇਰੇ, ਡਾਕੂ ।੫।

ਬਚ—ਬਚਨ । ਕ੍ਰਮ—ਕਰਮ । ਧਿਆਏ—ਧਿਆਉਂਦਾ ਹੈ ।੬।

ਧਾਰਿ—ਧਾਰ ਕੇ । ਅਨੁਗ੍ਰਹੁ—ਕਿਰਪਾ । ਪ੍ਰਭਿ—ਪ੍ਰਭੂ ਨੇ । ਰਸੁ—ਸੁਆਦ ।੭।

ਆਦਿ ਮਧਿ ਅੰਤਿ—ਸਦਾ ਹੀ । ਆਦਿ—ਜਗਤ ਦੇ ਸ਼ੁਰੂ ਵਿਚ । ਮਧਿ—ਵਿਚਕਾਰਲੇ ਸਮੇ । ਅੰਤਿ—ਅਖ਼ੀਰ ਵਿਚ ।੮।

ਅਰਥ :—ਹੇ ਗਰੀਬਾਂ ਦੇ ਖਸਮ! ਹੇ ਭਗਤਾਂ ਦੇ ਆਸਰੇ! ਹੇ ਨਾਰਾਇਣ! (ਅਸੀ ਜੀਵ) ਤੇਰੇ ਸੋਹਣੇ ਚਰਨਾਂ ਦੀ ਸਰਨ ਵਿਚ ਆਏ ਹਾਂ (ਸਾਨੂੰ ਵਿਕਾਰਾਂ ਤੋਂ ਬਚਾਈ ਰੱਖ) ।੧।ਰਹਾਉ।

ਹੇ ਸੋਹਣੇ ਹਰੀ! ਨਾਸਵੰਤ ਪਦਾਰਥਾਂ ਦੇ ਮੋਹ; ਤ੍ਰਿਸ਼ਨ ਦੀ ਅੱਗ, ਚਿੰਤਾ ਦੇ ਸਮੁੰਦਰ ਵਿਚੋਂ ਕਿਰਪਾ ਕਰ ਕੇ (ਸਾਨੂੰ) ਬਚਾ ਲੈ ।੧।

ਹੇ ਨਿਆਸਰਿਆਂ ਦੇ ਆਸਰੇ! ਹੇ ਭਗਤਾਂ ਦੇ ਸਾਰੇ ਡਰ ਦੂਰ ਕਰਨ ਵਾਲੇ! (ਮੈਨੂੰ ਗੁਰੂ ਦੀ ਸੰਗਤਿ ਬਖ਼ਸ਼) ਗੁਰੂ ਦੀ ਸੰਗਤਿ ਵਿਚ ਰਿਹਾਂ ਜਮਦੂਤ (ਭੀ) ਨੇੜੇ ਨਹੀਂ ਢੁਕਦੇ (ਮੌਤ ਦਾ ਡਰ ਪੋਹ ਨਹੀਂ ਸਕਦਾ) ।੨।

ਹੇ ਜ਼ਿੰਦਗੀ ਦੇ ਸੋਮੇ! ਹੇ ਅਦੁੱਤੀ ਪ੍ਰਭੂ! ਹੇ ਦਇਆ ਦੇ ਘਰ! (ਆਪਣੀ ਸਿਫ਼ਤਿ-ਸਾਲਾਹ ਬਖ਼ਸ਼), ਤੇਰੇ ਗੁਣਾਂ ਨੂੰ ਯਾਦ ਕੀਤਿਆਂ ਮੌਤ ਦੀ ਫਾਹੀ ਕੱਟੀ ਜਾਂਦੀ ਹੈ ।੩।

ਹੇ ਭਾਈ! ਜੇਹੜਾ ਮਨੁੱਖ ਆਪਣੀ ਜੀਭ ਨਾਲ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪਦਾ ਹੈ, ਉਸ ਉਤੇ ਇਹ ਮਾਇਆ ਜ਼ੋਰ ਨਹੀਂ ਪਾ ਸਕਦੀ, ਜੇਹੜੀ ਸਾਰੇ ਰੋਗਾਂ ਦਾ ਮੂਲ ਹੈ ।੪।

ਹੇ ਭਾਈ! ਸਦਾ ਪਰਾਮਤਮਾ ਦਾ ਨਾਮ ਜਪਿਆ ਕਰ (ਜੇਹੜਾ ਜਪਦਾ ਹੈ) ਉਹ (ਆਪਣੇ) ਸਾਰੇ ਸਾਥੀਆਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ਪੰਜੇ ਲੁਟੇਰੇ ਉਸ ਉਤੇ ਦਬਾਉ ਨਹੀਂ ਪਾ ਸਕਦੇ ।੫।

ਹੇ ਭਾਈ! ਜੇਹੜਾ ਮਨੁੱਖ ਆਪਣੇ ਮਨ ਨਾਲ, ਕੰਮਾਂ ਨਾਲ ਇਕ ਪਰਮਾਤਮਾ ਦਾ ਧਿਆਨ ਧਰੀ ਰੱਖਦਾ ਹੈ, ਉਹੀ ਮਨੁੱਖ (ਮਨੁੱਖਾ ਜਨਮ ਦੇ) ਸਾਰੇ ਫਲ ਹਾਸਲ ਕਰ ਲੈਂਦਾ ਹੈ ।੬।

ਹੇ ਭਾਈ! ਪਰਮਾਤਮਾ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ ਆਪਣਾ ਬਣਾ ਲਿਆ, ਉਸ ਨੂੰ ਉਸ ਨੇ ਆਪਣਾ ਨਾਮ ਬਖ਼ਸ਼ਿਆ, ਉਸ ਨੂੰ ਆਪਣੀ ਭਗਤੀ ਦਾ ਸੁਆਦ ਦਿੱਤਾ ।੭।

ਹੇ ਨਾਨਕ! ਉਹ ਪਰਮਾਤਮਾ ਹੀ ਜਗਤ ਦੇ ਸ਼ੁਰੂ ਤੋਂ ਹੈ, ਹੁਣ ਭੀ ਹੈ, ਜਗਤ ਦੇ ਅਖ਼ੀਰ ਵਿਚ ਭੀ ਹੋਵੇਗਾ । ਉਸ ਤੋਂ ਬਿਨਾ (ਉਸ ਦੇ ਵਰਗਾ) ਹੋਰ ਕੋਈ ਨਹੀਂ ਹੈ ।੮।੧।੨।

ਰਾਗੁ ਸੂਹੀ ਮਹਲਾ ੫ ਅਸਟਪਦੀਆ ਘਰੁ ੯
ੴ ਸਤਿਗੁਰ ਪ੍ਰਸਾਦਿ ॥ ਜਿਨ ਡਿਠਿਆ ਮਨੁ ਰਹਸੀਐ ਕਿਉ ਪਾਈਐ ਤਿਨ੍ ਸੰਗੁ ਜੀਉ ॥ ਸੰਤ ਸਜਨ ਮਨ ਮਿਤ੍ਰ ਸੇ ਲਾਇਨਿ ਪ੍ਰਭ ਸਿਉ ਰੰਗੁ ਜੀਉ ॥ ਤਿਨ੍ ਸਿਉ ਪ੍ਰੀਤਿ ਨ ਤੁਟਈ ਕਬਹੁ ਨ ਹੋਵੈ ਭੰਗੁ ਜੀਉ ॥੧॥ ਪਾਰਬ੍ਰਹਮ ਪ੍ਰਭ ਕਰਿ ਦਇਆ ਗੁਣ ਗਾਵਾ ਤੇਰੇ ਨਿਤ ਜੀਉ ॥ ਆਇ ਮਿਲਹੁ ਸੰਤ ਸਜਣਾ ਨਾਮੁ ਜਪਹ ਮਨ ਮਿਤ ਜੀਉ ॥੧॥ ਰਹਾਉ ॥ ਦੇਖੈ ਸੁਣੇ ਨ ਜਾਣਈ ਮਾਇਆ ਮੋਹਿਆ ਅੰਧੁ ਜੀਉ ॥ ਕਾਚੀ ਦੇਹਾ ਵਿਣਸਣੀ ਕੂੜੁ ਕਮਾਵੈ ਧੰਧੁ ਜੀਉ ॥ ਨਾਮੁ ਧਿਆਵਹਿ ਸੇ ਜਿਣਿ ਚਲੇ ਗੁਰ ਪੂਰੇ ਸਨਬੰਧੁ ਜੀਉ ॥੨॥ {ਪੰਨਾ ੭੬੦}

ਪਦ ਅਰਥ :—ਰਹਸੀਐ—ਖਿੜ ਪੈਂਦਾ ਹੈ । ਕਿਉ—ਕਿਉਂ? ਕਿਵੇਂ? ਸੰਗੁ—ਸਾਥ । ਸਜਨ—ਗੁਰਮੁਖ । ਮਨ ਮਿਤ੍ਰ—ਮਨ ਦੇ ਮੇਲੀ, ਅਸਲੀ ਮਿੱਤਰ । ਸੇ—ਉਹ {ਬਹੁ-ਵਚਨ} । ਲਾਇਨਿ—ਲਾਂਦੇ ਹਨ । ਰੰਗੁ—ਪਿਆਰ । ਸਿਉ—ਨਾਲ । ਤੁਟਈ—ਤੁਟੈ । ਭੰਗੁ—ਟੋਟ ।੧।

ਪਾਰਬ੍ਰਹਮ ਪ੍ਰਭ—ਹੇ ਪਾਰਬ੍ਰਹਮ! ਹੇ ਪ੍ਰਭੂ! ਗਾਵਾ—ਗਾਵਾਂ, ਮੈਂ ਗਾਵਾਂ । ਜਪਹ—ਅਸੀ ਜਪੀਏ ।੧।ਰਹਾਉ।

ਦੇਖੈ ਸੁਣੇ ਨ ਜਾਣਈ—ਨਾਹ ਦੇਖੈ, ਨਾਹ ਸੁਣੇ, ਨਾਹ ਜਾਣੈ । ਮੋਹਿਆ—ਮੋਹ ਵਿਚ ਫਸਿਆ ਹੋਇਆ । ਅੰਧੁ—ਅੰਨ੍ਹਾ । ਕਾਚੀ—ਕੱਚੇ ਘੜੇ ਵਰਗੀ । ਵਿਣਸਣੀ—ਨਾਸਵੰਤ । ਕੂੜ ਧੰਧੁ—ਝੂਠਾ ਧੰਧਾ । ਧਿਆਵਹਿ—ਧਿਆਉਂਦੇ ਹਨ । ਜਿਣਿ—ਜਿੱਤ ਕੇ {ਲਫ਼ਜ਼ 'ਜਿਨਿ' ਅਤੇ 'ਜਿਣਿ' ਦਾ ਫ਼ਰਕ ਚੇਤੇ ਰੱਖੋ} । ਸਨਬੰਧੁ—ਮਿਲਾਪ ।੨।

ਅਰਥ :—ਹੇ ਪਾਰਬ੍ਰਹਮ! ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ । ਹੇ ਸੰਤ ਜਨੋ! ਹੇ ਸੱਜਣੋ! ਹੇ ਮੇਰੇ ਮਨ ਦੇ ਮੇਲੀਓ! ਆ ਕੇ ਮਿਲੋ (ਇਕੱਠੇ ਬੈਠੀਏ, ਤੇ,) ਪਰਮਾਤਮਾ ਦਾ ਨਾਮ ਜਪੀਏ ।੧।ਰਹਾਉ।

ਹੇ ਪ੍ਰਭੂ! ਉਹਨਾਂ ਗੁਰਮੁਖਾਂ ਦਾ ਸਾਥ ਕਿਵੇਂ ਪ੍ਰਾਪਤ ਹੋਵੇ, ਜਿਨ੍ਹਾਂ ਦਾ ਦਰਸਨ ਕੀਤਿਆਂ ਮਨ ਖਿੜ ਆਉਂਦਾ ਹੈ? ਹੇ ਭਾਈ! ਉਹੀ ਮਨੁੱਖ (ਮੇਰੇ ਵਾਸਤੇ) ਸੱਜਣ ਹਨ, ਸੰਤ ਹਨ, ਮੇਰੇ ਅਸਲ ਮੇਲੀ ਹਨ, ਜੇਹੜੇ ਪਰਮਾਤਮਾ ਨਾਲ ਮੇਰਾ ਪਿਆਰ ਜੋੜ ਦੇਣ । ਹੇ ਪ੍ਰਭੂ! (ਮੇਹਰ ਕਰ) ਉਹਨਾਂ ਨਾਲੋਂ ਮੇਰਾ ਪਿਆਰ ਨਾਹ ਟੁੱਟੇ, ਉਹਨਾਂ ਨਾਲ ਮੇਰਾ ਕਦੇ ਅਜੋੜ ਨਾਹ ਹੋਵੇ ।੧।

ਹੇ ਭਾਈ! ਮਾਇਆ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ (ਆਤਮਕ ਜੀਵਨ ਵਲੋਂ) ਅੰਨ੍ਹਾ ਹੋ ਜਾਂਦਾ ਹੈ, ਉਹ (ਅਸਲੀਅਤ ਨੂੰ) ਨਾਹ ਵੇਖ ਸਕਦਾ ਹੈ, ਨਾਹ

ਸੁਣ ਸਕਦਾ ਹੈ, ਨਾਹ ਸਮਝ ਸਕਦਾ ਹੈ । (ਉਸ ਨੂੰ ਇਹ ਨਹੀਂ ਸੁੱਝਦਾ ਕਿ) ਕੱਚੇ ਘੜੇ ਵਰਗਾ ਇਹ ਸਰੀਰ ਨਾਸ ਹੋਣ ਵਾਲਾ ਹੈ, ਉਹ ਹਰ ਵੇਲੇ ਨਾਸਵੰਤ ਪਦਾਰਥਾਂ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਰਹਿੰਦਾ ਹੈ । ਹੇ ਭਾਈ! ਜੇਹੜੇ ਮਨੁੱਖ ਪੂਰੇ ਗੁਰੂ ਦਾ ਮਿਲਾਪ (ਹਾਸਲ ਕਰ ਕੇ) ਪਰਮਾਤਮਾ ਦਾ ਨਾਮ ਜਪਦੇ ਹਨ, ਉਹ (ਮਨੁੱਖਾ ਜੀਵਨ ਦੀ ਬਾਜ਼ੀ) ਜਿੱਤ ਕੇ ਇਥੋਂ ਜਾਂਦੇ ਹਨ ।੨।

ਹੁਕਮੇ ਜੁਗ ਮਹਿ ਆਇਆ ਚਲਣੁ ਹੁਕਮਿ ਸੰਜੋਗਿ ਜੀਉ ॥ ਹੁਕਮੇ ਪਰਪੰਚੁ ਪਸਰਿਆ ਹੁਕਮਿ ਕਰੇ ਰਸ ਭੋਗ ਜੀਉ ॥ ਜਿਸ ਨੋ ਕਰਤਾ ਵਿਸਰੈ ਤਿਸਹਿ ਵਿਛੋੜਾ ਸੋਗੁ ਜੀਉ ॥੩॥ ਆਪਨੜੇ ਪ੍ਰਭ ਭਾਣਿਆ ਦਰਗਹ ਪੈਧਾ ਜਾਇ ਜੀਉ ॥ ਐਥੈ ਸੁਖੁ ਮੁਖੁ ਉਜਲਾ ਇਕੋ ਨਾਮੁ ਧਿਆਇ ਜੀਉ ॥ ਆਦਰੁ ਦਿਤਾ ਪਾਰਬ੍ਰਹਮਿ ਗੁਰੁ ਸੇਵਿਆ ਸਤ ਭਾਇ ਜੀਉ ॥੪॥ ਥਾਨ ਥਨੰਤਰਿ ਰਵਿ ਰਹਿਆ ਸਰਬ ਜੀਆ ਪ੍ਰਤਿਪਾਲ ਜੀਉ ॥ ਸਚੁ ਖਜਾਨਾ ਸੰਚਿਆ ਏਕੁ ਨਾਮੁ ਧਨੁ ਮਾਲ ਜੀਉ ॥ ਮਨ ਤੇ ਕਬਹੁ ਨ ਵੀਸਰੈ ਜਾ ਆਪੇ ਹੋਇ ਦਇਆਲ ਜੀਉ ॥੫॥ {ਪੰਨਾ ੭੬੦}

ਪਦ ਅਰਥ :—ਹੁਕਮੇ—ਹੁਕਮਿ ਹੀ, ਪ੍ਰਭੂ ਦੇ ਹੁਕਮ ਅਨੁਸਾਰ ਹੀ । ਜੁਗ—ਜਗਤ । ਚਲਣੁ—ਕੂਚ । ਸੰਜੋਗਿ—ਕਾਰਨਾਂ ਦੇ ਸੰਜੋਗ ਨਾਲ, ਢੋ ਢੁਕਣ-ਨਾਲ । ਪਰਪੰਚੁ—ਜਗਤ-ਰਚਨਾ । ਰਸ ਭੋਗ—ਰਸਾਂ ਦੇ ਭੋਗ । ਜਿਸ ਨੋ—{ਲਫ਼ਜ਼ 'ਜਿਸੁ' ਦਾ _ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਤਿਸਹਿ—{ਲਫ਼ਜ਼ 'ਤਿਸੁ' ਦਾ _ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} ਉਸ ਨੂੰ ਹੀ । ਸੋਗੁ—ਚਿੰਤਾ ।੩।

ਪ੍ਰਭ ਭਾਣਿਆ—ਜੋ ਪ੍ਰਭੂ ਨੂੰ ਚੰਗਾ ਲੱਗਾ । ਪੈਧਾ—ਇੱਜ਼ਤ ਨਾਲ, ਸਿਰੋਪਾ ਲੈ ਕੇ । ਜਾਇ—ਜਾਂਦਾ ਹੈ । ਐਥੈ—ਇਸ ਲੋਕ ਵਿਚ । ਉਜਲਾ—ਰੌਸ਼ਨ । ਪਾਰਬ੍ਰਹਮਿ—ਪਾਰਬ੍ਰਹਮ ਨੇ । ਸਤ ਭਾਇ—ਸੱਚੀ ਭਾਵਨਾ ਨਾਲ ।੪।

ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ । ਪ੍ਰਤਿਪਾਲ—ਪਾਲਣ ਵਾਲਾ । ਸਚੁ—ਸਦਾ-ਥਿਰ ਰਹਿਣ ਵਾਲਾ ਨਾਮ । ਸੰਚਿਆ—ਇਕੱਠਾ ਕੀਤਾ । ਤੇ—ਤੋਂ । ਕਬਹੁ—ਕਦੇ ਭੀ । ਆਪੇ—ਆਪ ਹੀ ।੫।

ਅਰਥ :—ਹੇ ਭਾਈ! ਪਰਮਾਤਮਾ ਦੇ ਹੁਕਮ ਅਨੁਸਾਰ ਹੀ (ਜੀਵ) ਜਗਤ ਵਿਚ ਆਉਂਦਾ ਹੈ, ਹੁਕਮ ਅਨੁਸਾਰ ਢੋ ਢੁਕਣ ਨਾਲ (ਜੀਵ ਦਾ ਇਥੋਂ) ਕੂਚ ਹੋ ਜਾਂਦਾ ਹੈ । ਪ੍ਰਭੂ ਦੀ ਰਜ਼ਾ ਵਿਚ ਹੀ ਜਗਤ-ਖਿਲਾਰਾ ਖਿਲਰਿਆ ਹੈ, ਰਜ਼ਾ ਵਿਚ ਹੀ ਜੀਵ ਇਥੇ ਰਸਾਂ ਦੇ ਭੋਗ ਭੋਗਦਾ ਹੈ । (ਇਹਨਾਂ ਰਸਾਂ ਵਿਚ ਫਸ ਕੇ) ਜਿਸ ਮਨੁੱਖ ਨੂੰ ਕਰਤਾਰ ਭੁੱਲ ਜਾਂਦਾ ਹੈ, ਇਹ ਵਿਛੋੜਾ ਉਸ ਦੇ ਅੰਦਰ ਚਿੰਤਾ-ਫ਼ਿਕਰ ਪਾਈ ਰੱਖਦਾ ਹੈ ।੩।

ਹੇ ਭਾਈ! ਜੇਹੜਾ ਮਨੁੱਖ ਆਪਣੇ ਪ੍ਰਭੂ ਨੂੰ ਚੰਗਾ ਲੱਗਣ ਲੱਗ ਪੈਂਦਾ ਹੈ, ਉਹ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ । ਉਸ ਨੂੰ ਇਸ ਲੋਕ ਵਿਚ ਸੁਖ ਮਿਲਿਆ ਰਹਿੰਦਾ ਹੈ, ਪਰਲੋਕ ਵਿਚ ਉਹ ਸੁਰਖ਼-ਰੂ ਹੁੰਦਾ ਹੈ (ਕਿਉਂਕਿ ਉਹ) ਪਰਮਾਤਮਾ ਦਾ ਹੀ ਨਾਮ ਸਿਮਰਦਾ ਰਹਿੰਦਾ ਹੈ । ਉਸ ਨੇ (ਇਥੇ) ਚੰਗੀ ਭਾਵਨਾ ਨਾਲ ਗੁਰੂ ਦਾ ਆਸਰਾ ਲਈ ਰੱਖਿਆ, (ਇਸ ਵਾਸਤੇ) ਪਰਮਾਤਮਾ ਨੇ ਉਸ ਨੂੰ ਆਦਰ ਬਖ਼ਸ਼ਿਆ ।੪।

ਹੇ ਭਾਈ! ਜੇਹੜਾ ਪਰਮਾਤਮਾ ਹਰੇਕ ਥਾਂ ਵਿਚ ਵਿਆਪਕ ਹੈ, ਜੇਹੜਾ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਹੈ, ਜਦੋਂ ਉਹ ਆਪ ਹੀ ਜਿਸ ਜੀਵ ਉਤੇ ਦਇਆਵਾਨ ਹੁੰਦਾ ਹੈ ਉਸ ਦੇ ਮਨ ਤੋਂ ਉਹ ਕਦੇ ਭੀ ਨਹੀਂ ਭੁੱਲਦਾ ਉਹ ਮਨੁੱਖ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ-ਖ਼ਜ਼ਾਨਾ ਇਕੱਠਾ ਕਰਦਾ ਹੈ, ਪਰਮਾਤਮਾ ਦੇ ਨਾਮ ਨੂੰ ਹੀ ਉਹ ਆਪਣਾ ਧਨ-ਪਦਾਰਥ ਬਣਾਂਦਾ ਹੈ ।੫।

ਆਵਣੁ ਜਾਣਾ ਰਹਿ ਗਏ ਮਨਿ ਵੁਠਾ ਨਿਰੰਕਾਰੁ ਜੀਉ ॥ ਤਾ ਕਾ ਅੰਤੁ ਨ ਪਾਈਐ ਊਚਾ ਅਗਮ ਅਪਾਰੁ ਜੀਉ ॥ ਜਿਸੁ ਪ੍ਰਭੁ ਅਪਣਾ ਵਿਸਰੈ ਸੋ ਮਰਿ ਜੰਮੈ ਲਖ ਵਾਰ ਜੀਉ ॥੬॥ ਸਾਚੁ ਨੇਹੁ ਤਿਨ ਪ੍ਰੀਤਮਾ ਜਿਨ ਮਨਿ ਵੁਠਾ ਆਪਿ ਜੀਉ ॥ ਗੁਣ ਸਾਝੀ ਤਿਨ ਸੰਗਿ ਬਸੇ ਆਠ ਪਹਰ ਪ੍ਰਭ ਜਾਪਿ ਜੀਉ ॥ ਰੰਗਿ ਰਤੇ ਪਰਮੇਸਰੈ ਬਿਨਸੇ ਸਗਲ ਸੰਤਾਪ ਜੀਉ ॥੭॥ ਤੂੰ ਕਰਤਾ ਤੂੰ ਕਰਣਹਾਰੁ ਤੁਹੈ ਏਕੁ ਅਨੇਕ ਜੀਉ ॥ ਤੂ ਸਮਰਥੁ ਤੂ ਸਰਬਮੈ ਤੂ ਹੈ ਬੁਧਿ ਬਿਬੇਕ ਜੀਉ ॥ ਨਾਨਕ ਨਾਮੁ ਸਦਾ ਜਪੀ ਭਗਤ ਜਨਾ ਕੀ ਟੇਕ ਜੀਉ ॥੮॥੧॥੩॥ {ਪੰਨਾ ੭੬੧}

ਪਦ ਅਰਥ :—ਆਵਣੁ—ਜੰਮਣਾ । ਜਾਣਾ—ਮਰਨਾ । ਰਹਿ ਗਏ—ਮੁੱਕ ਗਏ । ਮਨਿ—ਮਨ ਵਿਚ । ਵੁਠਾ—ਆ ਵੱਸਿਆ । ਤਾ ਕਾ—ਉਸ (ਪ੍ਰਭੂ) ਦਾ । ਅਗਮ—ਅਪਹੁੰਚ । ਅਪਾਰੁ—ਜਿਸ ਦੀ ਹੋਂਦ ਦਾ ਪਾਰਲਾ ਬੰਨਾ ਨਾਹ ਲੱਭ ਸਕੇ । ਮਰਿ—ਮਰ ਕੇ ।੬।

ਸਾਚੁ ਨੇਹੁ—ਸਦਾ-ਕਾਇਮ ਰਹਿਣ ਵਾਲਾ ਪਿਆਰ । ਤਿਨ ਸੰਗਿ—ਉਹਨਾਂ ਦੇ ਨਾਲ । ਜਾਪਿ—ਜਪ ਕੇ । ਰੰਗਿ—ਪ੍ਰੇਮ ਵਿਚ । ਰਤੇ—ਰੰਗੇ ਜਾਂਦੇ ਹਨ । ਸਗਲ—ਸਾਰੇ । ਸੰਤਾਪ—ਦੁੱਖ-ਕਲੇਸ਼ ।੭।

ਕਰਣਹਾਰੁ—ਕਰ ਸਕਣ ਵਾਲਾ । ਤੁਹੈ—ਤੂੰ ਹੀ । ਸਮਰਥੁ—ਸਭ ਤਾਕਤਾਂ ਦਾ ਮਾਲਕ । ਸਰਬ ਮੈ—ਸਭ ਵਿਚ ਵਿਆਪਕ । ਬਿਬੇਕ—(ਚੰਗੇ ਮੰਦੇ ਦੀ) ਪਰਖ । ਜਪੀ—ਜਪੀਂ, ਮੈਂ ਜਪਦਾ ਰਹਾਂ । ਟੇਕ—ਆਸਰਾ ।੮।

ਅਰਥ :—ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ । ਹੇ ਭਾਈ! ਉਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਉਹ ਸਭ ਨਾਲੋਂ ਉੱਚੀ ਹਸਤੀ ਵਾਲਾ ਹੈ, ਉਹ ਅਪਹੁੰਚ ਹੈ, ਉਹ ਬੇਅੰਤ ਹੈ । ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ ਹੈ, ਉਹ ਲੱਖਾਂ ਵਾਰੀ ਜੰਮਦਾ ਮਰਦਾ ਰਹਿੰਦਾ ਹੈ ।੬।

ਹੇ ਭਾਈ! ਜਿਨ੍ਹਾਂ ਗੁਰਮੁਖਾਂ ਸੱਜਣਾਂ ਦੇ ਮਨ ਵਿਚ ਪਰਮਾਤਮਾ ਆਪ ਆ ਵੱਸਦਾ ਹੈ, ਉਹਨਾਂ ਦੇ ਹਿਰਦੇ ਵਿਚ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਜਾਂਦਾ ਹੈ । ਜੇਹੜੇ ਮਨੁੱਖ ਉਹਨਾਂ ਦੀ ਸੰਗਤਿ ਵਿਚ ਵੱਸਦੇ ਹਨ, ਉਹ ਭੀ ਅੱਠੇ ਪਹਰ ਪ੍ਰਭੂ ਦਾ ਨਾਮ ਜਪ ਕੇ ਉਹਨਾਂ ਨਾਲ ਗੁਣਾਂ ਦੀ ਸਾਂਝ ਬਣਾ ਲੈਂਦੇ ਹਨ । ਜੇਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਅੰਦਰੋਂ ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ ।੭।

ਹੇ ਪ੍ਰਭੂ! ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਤੂੰ ਸਭ ਕੁਝ ਕਰਨ ਦੇ ਸਮਰਥ ਹੈਂ, ਤੂੰ ਆਪ ਹੀ ਆਪ ਇੱਕ ਹੈਂ, (ਜਗਤ-ਰਚਨਾ ਕਰ ਕੇ) ਅਨੇਕ-ਰੂਪ ਭੀ ਤੂੰ ਆਪ ਹੀ ਹੈਂ । ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਸਭਨਾਂ ਵਿਚ ਵਿਆਪਕ ਹੈਂ, (ਜੀਵਾਂ, ਨੂੰ ਚੰਗੇ ਮੰਦੇ ਦੀ) ਪਰਖ ਦੀ ਅਕਲ (ਦੇਣ ਵਾਲਾ ਭੀ) ਤੂੰ ਆਪ ਹੀ ਹੈਂ । ਹੇ ਨਾਨਕ! (ਆਖ—ਹੇ ਪ੍ਰਭੂ! ਜੇ ਤੂੰ ਮੇਹਰ ਕਰੇਂ, ਤਾਂ) ਤੇਰੇ ਭਗਤ ਜਨਾਂ ਦਾ ਆਸਰਾ ਲੈ ਕੇ ਮੈਂ ਸਦਾ ਤੇਰਾ ਨਾਮ ਜਪਦਾ ਰਹਾਂ ।੮।੧।੩।

ਰਾਗੁ ਸੂਹੀ ਮਹਲਾ ੫ ਅਸਟਪਦੀਆ ਘਰੁ ੧੦ ਕਾਫੀ
ੴ ਸਤਿਗੁਰ ਪ੍ਰਸਾਦਿ ॥ ਜੇ ਭੁਲੀ ਜੇ ਚੁਕੀ ਸਾਇˆੀ ਭੀ ਤਹਿੰਜੀ ਕਾਢੀਆ ॥ ਜਿਨ੍ਹਾ ਨੇਹੁ ਦੂਜਾਣੇ ਲਗਾ ਝੂਰਿ ਮਰਹੁ ਸੇ ਵਾਢੀਆ ॥੧॥ ਹਉ ਨਾ ਛੋਡਉ ਕੰਤ ਪਾਸਰਾ ॥ ਸਦਾ ਰੰਗੀਲਾ ਲਾਲੁ ਪਿਆਰਾ ਏਹੁ ਮਹਿੰਜਾ ਆਸਰਾ ॥੧॥ ਰਹਾਉ ॥ ਸਜਣੁ ਤੂ ਹੈ ਸੈਣੁ ਤੂ ਮੈ ਤੁਝ ਉਪਰਿ ਬਹੁ ਮਾਣੀਆ ॥ ਜਾ ਤੂ ਅੰਦਰਿ ਤਾ ਸੁਖੇ ਤੂੰ ਨਿਮਾਣੀ ਮਾਣੀਆ ॥੨॥ ਜੇ ਤੂ ਤੁਠਾ ਕ੍ਰਿਪਾ ਨਿਧਾਨ ਨਾ ਦੂਜਾ ਵੇਖਾਲਿ ॥ ਏਹਾ ਪਾਈ ਮੂ ਦਾਤੜੀ ਨਿਤ ਹਿਰਦੈ ਰਖਾ ਸਮਾਲਿ ॥੩॥ {ਪੰਨਾ ੭੬੧}

ਨੋਟ :—ਕਾਫੀ ਇਕ ਰਾਗਣੀ ਦਾ ਨਾਮ ਹੈ । ਇਹ ਅਸ਼ਟਪਦੀ ਸੂਹੀ ਅਤੇ ਕਾਫੀ ਦੋਹਾਂ ਮਿਲਵੀਆਂ ਰਾਗਣੀਆਂ ਵਿਚ ਗਾਈ ਜਾਣੀ ਹੈ ।

ਪਦ ਅਰਥ :—ਭੁਲੀ—(ਮੈਂ) ਭੁੱਲੀ, ਮੈਂ ਭੁੱਲਾਂ ਕਰਦੀ ਰਹੀ ਹਾਂ । ਚੁਕੀ—ਚੁੱਕੀ, ਮੈਂ ਉਕਾਈਆਂ ਕਰਦੀ ਰਹੀ ਹਾਂ । ਸਾਇˆੀ—ਹੇ ਖਸਮ-ਪ੍ਰਭੂ! ਭੀ—ਤਾਂ ਭੀ । ਤਹਿੰਜੀ—ਤੇਰੀ । ਕਾਢੀਆ—ਅਖਵਾਂਦੀ ਹਾਂ । ਨੇਹੁ—ਪਿਆਰ । ਦੂਜਾਣੇ—ਕਿਸੇ ਹੋਰ ਨਾਲ । ਮਰਹੁ—{ਹੁਕਮੀ ਭਵਿੱਖਤ, ਅੱਨ ਪੁਰਖ, ਬਹੁ-ਵਚਨ} । ਝੂਰਿ ਮਰਹੁ—ਉਹ ਬੇ-ਸ਼ੱਕ ਝੂਰ ਮਰਨ । ਸੇ—ਉਹ {ਬਹੁ-ਵਚਨ} । ਵਾਢੀਆ—ਪਰਦੇਸਣਾਂ, ਜਿਨ੍ਹਾਂ ਦੇ ਪਤੀ ਪਰਦੇਸ ਵਿਚ ਹਨ, ਪਤੀ ਤੋਂ ਵਿਛੁੜੀਆਂ ਹੋਈਆਂ, ਛੁੱਟੜਾਂ ।੧।

ਹਉ—ਮੈਂ । ਨਾ ਛੋਡਉ—ਨ ਛੋਡਉਂ, ਮੈਂ ਨਹੀਂ ਛੱਡਦੀ । ਪਾਸਰਾ—ਸੋਹਣਾ ਪਾਸਾ । ਰੰਗੀਲਾ—ਆਨੰਦ-ਸਰੂਪ । ਮਹਿੰਜਾ—ਮੇਰਾ ।੧।ਰਹਾਉ।

ਸਜਣੁ—ਮਿੱਤਰ । ਸੈਣੁ—ਸਨਬੰਧੀ । ਮਾਣੀਆ—ਮਾਣ । ਸੁਖੇ—ਸੁਖ ਵਿਚ ।੨।

ਤੁਠਾ—ਪ੍ਰਸੰਨ ਹੋਇਆ । ਕ੍ਰਿਪਾ ਨਿਧਾਨ—ਹੇ ਕਿਰਪਾ ਦੇ ਖ਼ਜ਼ਾਨੇ! ਮੂ—ਮੈਂ । ਦਾਤੜੀ—ਸੋਹਣੀ ਦਾਤਿ । ਰਖਾ—ਰੱਖਾਂ, ਮੈਂ ਰੱਖਦੀ ਹਾਂ । ਸਮਾਲਿ—ਸਾਂਭ ਕੇ ।੩।

ਅਰਥ :—ਮੈਂ ਖਸਮ-ਪ੍ਰਭੂ ਦਾ ਸੋਹਣਾ ਪਾਸਾ (ਕਦੇ ਭੀ) ਨਾਹ ਛੱਡਾਂਗੀ । ਮੇਰਾ ਉਹ ਪਿਆਰਾ ਲਾਲ ਸਦਾ ਆਨੰਦ-ਸਰੂਪ ਹੈ, ਮੇਰਾ ਇਹੀ ਆਸਰਾ ਹੈ ।੧।ਰਹਾਉ।

ਹੇ ਮੇਰੇ ਖਸਮ-ਪ੍ਰਭੂ! ਜੇ ਮੈਂ ਭੁੱਲਾਂ ਕਰਦੀ ਹਾਂ, ਜੇ ਮੈਂ ਉਕਾਇਆਂ ਕਰਦੀ ਹਾਂ, ਤਾਂ ਭੀ ਮੈਂ ਤੇਰੀ ਹੀ ਅਖਵਾਂਦੀ ਹਾਂ (ਮੈਂ ਤੇਰਾ ਦਰ ਛੱਡ ਕੇ ਹੋਰ ਕਿਧਰੇ ਭੀ ਜਾਣ ਨੂੰ ਤਿਆਰ ਨਹੀਂ ਹਾਂ) । ਜਿਨ੍ਹਾਂ ਦਾ ਪਿਆਰ (ਤੈਥੋਂ ਬਿਨਾ) ਕਿਸੇ ਹੋਰ ਨਾਲ ਬਣਿਆ ਹੋਇਆ ਹੈ, ਉਹ ਛੁੱਟੜਾਂ ਜ਼ਰੂਰ ਝੁਰ ਝੁਰ ਕੇ ਮਰ ਰਹੀਆਂ ਹਨ ।੧।

ਹੇ ਖਸਮ-ਪ੍ਰਭੂ! ਮੇਰਾ ਤਾਂ ਤੂੰ ਹੀ ਸੱਜਣ ਹੈਂ, ਤੂੰ ਹੀ ਸਨਬੰਧੀ ਹੈਂ । ਮੈਨੂੰ ਤਾਂ ਤੇਰੇ ਉਤੇ ਹੀ ਮਾਣ ਹੈ । ਜਦੋਂ ਤੂੰ ਮੇਰੇ ਹਿਰਦੇ-ਘਰ ਵਿਚ ਵੱਸਦਾ ਹੈਂ, ਤਦੋਂ ਹੀ ਮੈਂ ਸੁਖੀ ਹੁੰਦੀ ਹਾਂ । ਮੈਂ ਨਿਮਾਣੀ ਦਾ ਤੂੰ ਹੀ ਮਾਣ ਹੈਂ ।੨।

ਹੇ ਕਿਰਪਾ ਦੇ ਖ਼ਜ਼ਾਨੇ ਖਸਮ-ਪ੍ਰਭੂ! ਜੇ ਤੂੰ ਮੇਰੇ ਉੱਤੇ ਦਇਆਵਾਨ ਹੋਇਆ ਹੈਂ, ਤਾਂ (ਆਪਣੇ ਚਰਨਾਂ ਤੋਂ ਬਿਨਾ) ਕੋਈ ਹੋਰ (ਆਸਰਾ) ਨਾਹ ਵਿਖਾਈਂ । ਮੈਂ ਤਾਂ ਇਹੋ ਸੋਹਣੀ ਦਾਤਿ ਲੱਭੀ ਹੋਈ ਹੈ, ਇਸੇ ਨੂੰ ਮੈਂ ਸਦਾ ਆਪਣੇ ਹਿਰਦੇ ਵਿਚ ਸਾਂਭ ਸਾਂਭ ਰੱਖਦੀ ਹਾਂ ।੩।

ਪਾਵ ਜੁਲਾਈ ਪੰਧ ਤਉ ਨੈਣੀ ਦਰਸੁ ਦਿਖਾਲਿ ॥ ਸ੍ਰਵਣੀ ਸੁਣੀ ਕਹਾਣੀਆ ਜੇ ਗੁਰੁ ਥੀਵੈ ਕਿਰਪਾਲਿ ॥੪॥ ਕਿਤੀ ਲਖ ਕਰੋੜਿ ਪਿਰੀਏ ਰੋਮ ਨ ਪੁਜਨਿ ਤੇਰਿਆ ॥ ਤੂ ਸਾਹੀ ਹੂ ਸਾਹੁ ਹਉ ਕਹਿ ਨ ਸਕਾ ਗੁਣ ਤੇਰਿਆ ॥੫॥ ਸਹੀਆ ਤਊ ਅਸੰਖ ਮੰਞਹੁ ਹਭਿ ਵਧਾਣੀਆ ॥ ਹਿਕ ਭੋਰੀ ਨਦਰਿ ਨਿਹਾਲਿ ਦੇਹਿ ਦਰਸੁ ਰੰਗੁ ਮਾਣੀਆ ॥੬॥ ਜੈ ਡਿਠੇ ਮਨੁ ਧੀਰੀਐ ਕਿਲਵਿਖ ਵੰਞਨ੍ਹਿ ਦੂਰੇ ॥ ਸੋ ਕਿਉ ਵਿਸਰੈ ਮਾਉ ਮੈ ਜੋ ਰਹਿਆ ਭਰਪੂਰੇ ॥੭॥ ਹੋਇ ਨਿਮਾਣੀ ਢਹਿ ਪਈ ਮਿਲਿਆ ਸਹਜਿ ਸੁਭਾਇ ॥ ਪੂਰਬਿ ਲਿਖਿਆ ਪਾਇਆ ਨਾਨਕ ਸੰਤ ਸਹਾਇ ॥੮॥੧॥੪॥ {ਪੰਨਾ ੭੬੧}

ਪਦ ਅਰਥ :—ਪਾਵ—ਪੈਰ {ਲਫ਼ਜ਼ 'ਪਾਉ' ਤੋਂ ਬਹੁ-ਵਚਨ} । ਜਲਾਈ—ਜੁਲਾਈਂ, ਮੈਂ ਤੋਰਾਂ । ਪੰਧ ਤਉ—ਤੇਰੇ ਰਸਤੇ ਉਤੇ । ਨੈਣੀ—(ਮੇਰੀਆਂ ਇਹਨਾਂ) ਅੱਖਾਂ ਨੂੰ । ਸ੍ਰਵਣੀ—ਕੰਨਾਂ ਨਾਲ । ਸੁਣੀ—ਮੈਂ ਸੁਣਾਂ । ਥੀਵੈ—ਹੋ ਜਾਏ । ਕਿਰਪਾਲਿ—ਦਇਆਵਾਨ ।੪।

ਕਿਤੀ—ਕਿਤਨੇ ਹੀ, ਅਣਗਿਣਤ । ਪਿਰੀਏ—ਹੇ ਪਿਆਰੇ! ਨ ਪੁਜਨਿ—ਨਹੀਂ ਅੱਪੜ ਸਕਦੇ । ਸਾਹੀ ਹੂ ਸਾਹੁ—ਸ਼ਾਹੀ ਹੂ ਸ਼ਾਹ, ਸ਼ਾਹਾਂ ਦਾ ਪਾਤਿਸ਼ਾਹ । ਹਉ—ਮੈਂ । ਸਕਾ—ਸਕਾਂ ।੫।

ਸਹੀਆ—ਸਹੇਲੀਆਂ । ਤਊ—ਤੇਰੀਆਂ (ਦਾਸੀਆਂ) । ਅਸੰਖ—ਅਣਗਣਿਤ । ਮੰਞਹੁ—ਮੇਰੇ ਨਾਲੋਂ । ਸਭਿ—ਸਾਰੀਆਂ । ਵਧਾਣੀਆਂ—ਵਧੀਆ, ਚੰਗੀਆਂ । ਹਿਕ ਭੋਰੀ—ਇਕ ਰਤਾ ਭਰ ਹੀ । ਨਦਰਿ—ਮੇਹਰ ਦੀ ਨਿਗਾਹ ਨਾਲ । ਨਿਹਾਲਿ—ਵੇਖ । ਮਾਣੀਆ—ਮਾਣੀਂ, ਮੈਂ ਮਾਣਾਂ ।੬।

ਜੈ ਡਿਠੇ—ਜਿਸ ਨੂੰ ਵੇਖਣ ਨਾਲ । ਧੀਰੀਐ—ਧੀਰਜ ਫੜਦਾ ਹੈ । ਕਿਲਵਿਖ—ਪਾਪ । ਵੰਞਨ੍ਹਿ—ਚਲੇ ਜਾਂਦੇ ਹਨ । ਮਾਉ—ਹੇ ਮਾਂ! ਮੈ—ਮੈਨੂੰ ।੭।

ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਪੂਰਬਿ—ਪਹਿਲੇ ਜਨਮ ਵਿਚ । ਸੰਤ ਸਹਾਇ—ਗੁਰੂ ਦੀ ਸਹਾਇਤਾ ਨਾਲ ।੮।

ਅਰਥ :—ਹੇ ਖਸਮ-ਪ੍ਰਭੂ! ਜੇ ਗੁਰੂ (ਮੇਰੇ ਉਤੇ) ਦਇਆਵਾਨ ਹੋਵੇ, ਤਾਂ ਮੈਂ (ਉਸ ਪਾਸੋਂ) ਆਪਣੇ ਕੰਨਾਂ ਨਾਲ ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਦੀ

ਰਹਾਂ, ਮੈਂ ਆਪਣੇ ਪੈਰਾਂ ਨੂੰ ਤੇਰੇ (ਦੇਸ ਲੈ ਜਾਣ ਵਾਲੇ) ਰਸਤੇ ਉਤੇ ਤੋਰਾਂ । ਹੇ ਪਿਆਰੇ! (ਮੇਰੀਆਂ ਇਹਨਾਂ) ਅੱਖਾਂ ਨੂੰ ਆਪਣਾ ਦਰਸਨ ਦਿਖਾਲ ।੪।

ਹੇ ਪਿਆਰੇ! ਤੂੰ ਸ਼ਾਹਾਂ ਦਾ ਪਾਤਿਸ਼ਾਹ ਹੈਂ । ਮੈਂ ਤੇਰੇ ਸਾਰੇ ਗੁਣ ਬਿਆਨ ਨਹੀਂ ਕਰ ਸਕਦੀ । ਜੇ ਮੈਂ ਕਿਤਨੇ ਹੀ ਲੱਖਾਂ ਤੇ ਕ੍ਰੋੜਾਂ ਤੇਰੇ ਗੁਣ ਦੱਸਾਂ, ਤਾਂ ਭੀ ਉਹ ਸਾਰੇ ਤੇਰੇ ਇਕ ਰੋਮ (ਦੀ ਵਡਿਆਈ) ਤਕ ਨਹੀਂ ਅੱਪੜ ਸਕਦੇ ।੫।

ਹੇ ਪਿਆਰੇ! ਅਣਗਿਣਤ ਹੀ ਸਹੇਲੀਆਂ ਤੇਰੇ (ਦਰ ਦੀਆਂ ਦਾਸੀਆਂ) ਹਨ । ਮੇਰੇ ਨਾਲੋਂ ਉਹ ਸਾਰੀਆਂ ਹੀ ਚੰਗੀਆਂ ਹਨ । ਇਕ ਰਤਾ ਭੀ ਸਮੇ ਲਈ ਹੀ ਮੇਰੇ ਵਲ ਭੀ ਮੇਹਰ ਦੀ ਨਿਗਾਹ ਨਾਲ ਵੇਖ । ਮੈਨੂੰ ਭੀ ਦਰਸਨ ਦੇਹ, ਤਾ ਕਿ ਮੈਂ ਭੀ ਆਤਮਕ ਆਨੰਦ ਮਾਣ ਸਕਾਂ ।੬।

ਹੇ ਮਾਂ! ਮੈਨੂੰ (ਭਲਾ) ਉਹ (ਪਿਆਰਾ) ਕਿਵੇਂ ਵਿਸਰ ਸਕਦਾ ਹੈ, ਜੋ ਸਾਰੇ ਜਗਤ ਵਿਚ ਵਿਆਪਕ ਹੈ, ਜਿਸ ਦਾ ਦਰਸਨ ਕੀਤਿਆਂ ਮਨ ਧੀਰਜ ਫੜਦਾ ਹੈ ਅਤੇ ਸਾਰੇ ਪਾਪ ਦੂਰ ਹੋ ਜਾਂਦੇ ਹਨ? ।੭।

ਹੇ ਨਾਨਕ! (ਆਖ—) ਜਦੋਂ ਮੈਂ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ, ਆਜਜ਼ ਹੋ ਕੇ (ਮਾਣ ਛੱਡ ਕੇ ਉਸ ਦੇ ਦਰ ਤੇ) ਢਹਿ ਪਈ, ਤਾਂ ਉਹ ਪਿਆਰਾ ਮੈਨੂੰ ਮਿਲ ਪਿਆ । ਕਿਸੇ ਪੂਰਬਲੇ ਜਨਮ ਵਿਚ ਚੰਗੀ ਕਿਸਮਤ ਦਾ ਲਿਖਿਆ ਲੇਖ ਮੈਨੂੰ ਗੁਰੂ ਦੀ ਸਹਾਇਤਾ ਨਾਲ ਮਿਲ ਪਿਆ ਹੈ ।੮।੧।੪।

ਸੂਹੀ ਮਹਲਾ ੫ ॥ ਸਿਮ੍ਰਿਤਿ ਬੇਦ ਪੁਰਾਣ ਪੁਕਾਰਨਿ ਪੋਥੀਆ ॥ ਨਾਮ ਬਿਨਾ ਸਭਿ ਕੂੜੁ ਗਾਲ੍ਹੀ ਹੋਛੀਆ ॥੧॥ ਨਾਮੁ ਨਿਧਾਨੁ ਅਪਾਰੁ ਭਗਤਾ ਮਨਿ ਵਸੈ ॥ ਜਨਮ ਮਰਣ ਮੋਹੁ ਦੁਖੁ ਸਾਧੂ ਸੰਗਿ ਨਸੈ ॥੧॥ ਰਹਾਉ ॥ ਮੋਹਿ ਬਾਦਿ ਅਹੰਕਾਰਿ ਸਰਪਰ ਰੁੰਨਿਆ ॥ ਸੁਖੁ ਨ ਪਾਇਨ੍ਹਿ ਮੂਲਿ ਨਾਮ ਵਿਛੁੰਨਿਆ ॥੨॥ ਮੇਰੀ ਮੇਰੀ ਧਾਰਿ ਬੰਧਨਿ ਬੰਧਿਆ ॥ ਨਰਕਿ ਸੁਰਗਿ ਅਵਤਾਰ ਮਾਇਆ ਧੰਧਿਆ ॥੩॥ ਸੋਧਤ ਸੋਧਤ ਸੋਧਿ ਤਤੁ ਬੀਚਾਰਿਆ ॥ ਨਾਮ ਬਿਨਾ ਸੁਖੁ ਨਾਹਿ ਸਰਪਰ ਹਾਰਿਆ ॥੪॥ {ਪੰਨਾ ੭੬੧}

ਪਦ ਅਰਥ :—ਪੁਕਾਰਨਿ—(ਜੇਹੜੇ ਮਨੁੱਖ ਕਰਮ ਕਾਂਡ ਆਦਿਕ ਦਾ ਰਾਹ) ਉੱਚੀ ਉੱਚੀ ਦੱਸਦੇ ਹਨ । ਸਭਿ—ਸਾਰੇ । ਗਾਲ੍ਹੀ—ਗੱਲਾਂ । ਹੋਛੀਆ—ਹੋਛੀਆਂ, ਥੋਥੀਆਂ ।੧।

ਨਿਧਾਨੁ—ਖ਼ਜ਼ਾਨਾ । ਅਪਾਰੁ—ਬੇਅੰਤ । ਮਨਿ—ਮਨ ਵਿਚ । ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ ।੧।ਰਹਾਉ।

ਮੋਹਿ—ਮੋਹ ਵਿਚ । ਬਾਦਿ—ਝਗੜੇ ਵਿਚ । ਅਹੰਕਾਰਿ—ਅਹੰਕਾਰ ਵਿਚ । ਸਰਪਰ—ਜ਼ਰੂਰ । ਰੁੰਨਿਆ—ਰੋਂਦੇ ਹਨ । ਨ ਪਾਇਨ੍ਹਿ—ਨਹੀਂ ਪਾਂਦੇ । ਮੂਲਿ—ਬਿਲਕੁਲ । ਵਿਛੁੰਨਿਆ—ਵਿਛੁੜੇ ਹੋਏ ।੨।

ਮੇਰੀ ਮੇਰੀ ਧਾਰਿ—ਮਾਇਆ ਦੀ ਮਮਤਾ ਦੇ ਖ਼ਿਆਲ ਮਨ ਵਿਚ ਟਿਕਾ ਕੇ । ਬੰਧਨਿ—(ਮੋਹ ਦੇ) ਬੰਧਨ ਵਿਚ । ਨਰਕਿ—ਨਰਕ ਵਿਚ, ਦੁੱਖ ਵਿਚ । ਸੁਰਗਿ—ਸੁਰਗ ਵਿਚ, ਸੁਖ ਵਿਚ । ਅਵਤਾਰ—ਜਨਮ ।੩।

ਸੋਧਤ—ਵਿਚਾਰ ਕਰਦਿਆਂ । ਸੋਧਿ—ਵਿਚਾਰ ਕਰ ਕੇ । ਤਤੁ—ਅਸਲੀਅਤ । ਹਾਰਿਆ—(ਜੀਵਨ-ਬਾਜ਼ੀ) ਹਾਰਦੇ ਹਨ ।੪।

ਅਰਥ :—ਹੇ ਭਾਈ! ਪਰਮਾਤਮਾ ਦੇ ਨਾਮ ਦਾ ਬੇਅੰਤ ਖ਼ਜ਼ਾਨਾ (ਪਰਮਾਤਮਾ ਦੇ) ਭਗਤਾਂ ਦੇ ਹਿਰਦੇ ਵਿਚ ਵੱਸਦਾ ਹੈ । ਗੁਰੂ ਦੀ ਸੰਗਤਿ ਵਿਚ (ਨਾਮ ਜਪਿਆਂ) ਜਨਮ ਮਰਨ ਦੇ ਦੁੱਖ ਅਤੇ ਮੋਹ ਆਦਿਕ ਹਰੇਕ ਕਲੇਸ਼ ਦੂਰ ਹੋ ਜਾਂਦਾ ਹੈ ।੧।ਰਹਾਉ।

ਹੇ ਭਾਈ! ਜੇਹੜੇ ਮਨੁੱਖ ਵੇਦ ਪੁਰਾਣ ਸਿੰਮ੍ਰਿਤੀਆਂ ਆਦਿਕ ਧਰਮ-ਪੁਸਤਕਾਂ ਪੜ੍ਹ ਕੇ (ਨਾਮ ਨੂੰ ਲਾਂਭੇ ਛੱਡ ਕੇ ਕਰਮ ਕਾਂਡ ਆਦਿਕ ਦਾ ਉਪਦੇਸ਼) ਉੱਚੀ ਉੱਚੀ ਸੁਣਾਂਦੇ ਹਨ, ਉਹ ਮਨੁੱਖ ਥੋਥੀਆਂ ਗੱਲਾਂ ਕਰਦੇ ਹਨ । ਪਰਮਾਤਮਾ ਦੇ ਨਾਮ ਤੋਂ ਬਿਨਾ ਝੂਠਾ ਪਰਚਾਰ ਹੀ ਇਹ ਸਾਰੇ ਲੋਕ ਕਰਦੇ ਹਨ ।੧।

ਹੇ ਭਾਈ! ਪ੍ਰਭੂ ਦੇ ਨਾਮ ਤੋਂ ਵਿਛੁੜੇ ਹੋਏ ਮਨੁੱਖ ਕਦੇ ਭੀ ਆਤਮਕ ਆਨੰਦ ਨਹੀਂ ਮਾਣਦੇ । ਉਹ ਮਨੁੱਖ ਮਾਇਆ ਦੇ ਮੋਹ ਵਿਚ, ਸ਼ਾਸਤ੍ਰਾਰਥ ਵਿਚ, ਅਹੰਕਾਰ ਵਿਚ ਫਸ ਕੇ ਜ਼ਰੂਰ ਦੁਖੀ ਹੁੰਦੇ ਹਨ ।੨।

ਹੇ ਭਾਈ! (ਪਰਮਾਤਮਾ ਦੇ ਨਾਮ ਤੋਂ ਖੁੰਝ ਕੇ) ਮਾਇਆ ਦੀ ਮਮਤਾ ਦਾ ਖ਼ਿਆਲ ਮਨ ਵਿਚ ਟਿਕਾ ਕੇ ਮੋਹ ਦੇ ਬੰਧਨ ਵਿਚ ਬੱਝੇ ਰਹਿੰਦੇ ਹਨ । ਨਿਰੀ ਮਾਇਆ ਦੇ ਝੰਬੇਲਿਆਂ ਦੇ ਕਾਰਨ ਉਹ ਲੋਕ ਦੁੱਖ ਸੁਖ ਭੋਗਦੇ ਰਹਿੰਦੇ ਹਨ ।੩।

ਹੇ ਭਾਈ! ਚੰਗੀ ਤਰ੍ਹਾਂ ਪੜਤਾਲ ਕਰ ਕੇ ਨਿਰਨਾ ਕਰ ਕੇ ਅਸੀ ਇਸ ਅਸਲੀਅਤ ਉਤੇ ਪਹੁੰਚੇ ਹਾਂ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ । ਨਾਮ ਤੋਂ ਵਾਂਜੇ ਰਹਿਣ ਵਾਲੇ ਜ਼ਰੂਰ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਜਾਂਦੇ ਹਨ ।੪।

ਆਵਹਿ ਜਾਹਿ ਅਨੇਕ ਮਰਿ ਮਰਿ ਜਨਮਤੇ ॥ ਬਿਨੁ ਬੂਝੇ ਸਭੁ ਵਾਦਿ ਜੋਨੀ ਭਰਮਤੇ ॥੫॥ ਜਿਨ੍ਹ ਕਉ ਭਏ ਦਇਆਲ ਤਿਨ੍ਹ ਸਾਧੂ ਸੰਗੁ ਭਇਆ ॥ ਅੰਮ੍ਰਿਤੁ ਹਰਿ ਕਾ ਨਾਮੁ ਤਿਨ੍ਹੀ ਜਨੀ ਜਪਿ ਲਇਆ ॥੬॥ ਖੋਜਹਿ ਕੋਟਿ ਅਸੰਖ ਬਹੁਤੁ ਅਨੰਤ ਕੇ ॥ ਜਿਸੁ ਬੁਝਾਏ ਆਪਿ ਨੇੜਾ ਤਿਸੁ ਹੇ ॥੭॥ ਵਿਸਰੁ ਨਾਹੀ ਦਾਤਾਰ ਆਪਣਾ ਨਾਮੁ ਦੇਹੁ ॥ ਗੁਣ ਗਾਵਾ ਦਿਨੁ ਰਾਤਿ ਨਾਨਕ ਚਾਉ ਏਹੁ ॥੮॥੨॥੫॥੧੬॥ {ਪੰਨਾ ੭੬੨}

ਪਦ ਅਰਥ :—ਆਵਹਿ—ਸੰਸਾਰ ਵਿਚ ਆਉਂਦੇ ਹਨ । ਜਾਹਿ—(ਸੰਸਾਰ ਤੋਂ) ਚਲੇ ਜਾਂਦੇ ਹਨ । ਮਰਿ ਮਰਿ—ਆਤਮਕ ਮੌਤ ਸਹੇੜ ਸਹੇੜ ਕੇ । ਵਾਦਿ—ਵਿਅਰਥ । ਭਰਮਤੇ—ਭਟਕਦੇ ਹਨ ।੫।

ਕਉ—ਨੂੰ, ਉਤੇ । ਸੰਗੁ—ਸਾਥ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਜਨੀ—ਜਨੀਂ, ਜਨਾਂ ਨੇ ।੬।

ਖੋਜਹਿ—ਖੋਜਦੇ ਹਨ । ਕੋਟਿ—ਕ੍ਰੋੜਾਂ । ਅਸੰਖ—ਅਣਗਿਣਤ । ਅਨੰਤ—ਬੇਅੰਤ । ਕੇ—ਕਈ, ਅਨੇਕਾਂ । ਨੇੜਾ—ਨਿਕਟਤਾ, ਨੇੜ । ਤਿਸੁ ਹੇ—ਉਸ

ਮਨੁੱਖ ਨੂੰ ਪ੍ਰਾਪਤ ਹੁੰਦੀ ਹੈ ।੭।

ਦਾਤਾਰ—ਹੇ ਦਾਤਾਰ! ਗਾਵਾ—ਗਾਵਾਂ, ਮੈਂ ਗਾਂਦਾ ਹਰਾਂ । ਨਾਨਕ—ਹੇ ਨਾਨਕ! (ਆਖ—) ।੮।

ਅਰਥ :—(ਪਰਮਾਤਮਾ ਦੇ ਨਾਮ ਤੋਂ ਖੁੰਝ ਕੇ) ਅਨੇਕਾਂ ਪ੍ਰਾਣੀ (ਮੁੜ ਮੁੜ) ਜੰਮਦੇ ਹਨ ਮਰਦੇ ਹਨ । ਆਤਮਕ ਮੌਤ ਸਹੇੜ ਸਹੇੜ ਕੇ ਮੁੜ ਮੁੜ ਜਨਮ ਲੈਂਦੇ ਰਹਿੰਦੇ ਹਨ । (ਆਤਮਕ ਜੀਵਨ ਦੀ) ਸੂਝ ਤੋਂ ਬਿਨਾ ਉਹਨਾਂ ਦਾ ਸਾਰਾ ਹੀ ਉੱਦਮ ਵਿਅਰਥ ਰਹਿੰਦਾ ਹੈ, ਉਹ ਅਨੇਕਾਂ ਜੂਨਾਂ ਵਿਚ ਭਟਕਦੇ ਰਹਿੰਦੇ ਹਨ ।੫।

ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦਇਆਵਾਨ ਹੁੰਦਾ ਹੈ ਉਹਨਾਂ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪਦੇ ਰਹਿੰਦੇ ਹਨ ।੬।

ਹੇ ਭਾਈ! ਕ੍ਰੋੜਾਂ ਅਣਗਿਣਤ, ਬੇਅੰਤ, ਅਨੇਕਾਂ ਹੀ ਪ੍ਰਾਣੀ (ਪਰਮਾਤਮਾ ਦੀ) ਭਾਲ ਕਰਦੇ ਹਨ, ਪਰ ਪਰਮਾਤਮਾ ਆਪ ਜਿਸ ਮਨੁੱਖ ਨੂੰ ਸੂਝ ਬਖ਼ਸ਼ਦਾ ਹੈ, ਉਸ ਮਨੁੱਖ ਨੂੰ ਪ੍ਰਭੂ ਦੀ ਨੇੜਤਾ ਮਿਲ ਜਾਂਦੀ ਹੈ ।੭।

ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਅਰਦਾਸ ਕਰ, ਤੇ ਆਖ—) ਹੇ ਦਾਤਾਰ! ਮੇਰੇ ਅੰਦਰ ਇਹ ਤਾਂਘ ਹੈ ਕਿ ਮੈਂ ਦਿਨ ਰਾਤ ਤੇਰੇ ਗੁਣ ਗਾਂਦਾ ਰਹਾਂ । ਮੈਨੂੰ ਆਪਣਾ ਨਾਮ ਬਖ਼ਸ਼ । ਮੈਂ ਤੈਨੂੰ ਕਦੇ ਨਾਹ ਭੁਲਾਵਾਂ ।੮।੨।੫।

ਰਾਗੁ ਸੂਹੀ ਮਹਲਾ ੧ ਕੁਚਜੀ

ੴ ਸਤਿਗੁਰ ਪ੍ਰਸਾਦਿ ॥ ਮੰਞੁ ਕੁਚਜੀ ਅੰਮਾਵਣਿ ਡੋਸੜੇ ਹਉ ਕਿਉ ਸਹੁ ਰਾਵਣਿ ਜਾਉ ਜੀਉ ॥ ਇਕ ਦੂ ਇਕਿ ਚੜੰਦੀਆ ਕਉਣੁ ਜਾਣੈ ਮੇਰਾ ਨਾਉ ਜੀਉ ॥ ਜਿਨ੍ਹੀ ਸਖੀ ਸਹੁ ਰਾਵਿਆ ਸੇ ਅੰਬੀ ਛਾਵੜੀਏਹਿ ਜੀਉ ॥ ਸੇ ਗੁਣ ਮੰਞੁ ਨ ਆਵਨੀ ਹਉ ਕੈ ਜੀ ਦੋਸ ਧਰੇਉ ਜੀਉ ॥ ਕਿਆ ਗੁਣ ਤੇਰੇ ਵਿਥਰਾ ਹਉ ਕਿਆ ਕਿਆ ਘਿਨਾ ਤੇਰਾ ਨਾਉ ਜੀਉ ॥ ਇਕਤੁ ਟੋਲਿ ਨ ਅੰਬੜਾ ਹਉ ਸਦ ਕੁਰਬਾਣੈ ਤੇਰੈ ਜਾਉ ਜੀਉ ॥ ਸੁਇਨਾ ਰੁਪਾ ਰੰਗੁਲਾ ਮੋਤੀ ਤੈ ਮਾਣਿਕੁ ਜੀਉ ॥ ਸੇ ਵਸਤੂ ਸਹਿ ਦਿਤੀਆ ਮੈ ਤਿਨ੍ ਸਿਉ ਲਾਇਆ ਚਿਤੁ ਜੀਉ ॥ ਮੰਦਰ ਮਿਟੀ ਸੰਦੜੇ ਪਥਰ ਕੀਤੇ ਰਾਸਿ ਜੀਉ ॥ ਹਉ ਏਨੀ ਟੋਲੀ ਭੁਲੀਅਸੁ ਤਿਸੁ ਕੰਤ ਨ ਬੈਠੀ ਪਾਸਿ ਜੀਉ ॥ ਅੰਬਰਿ ਕੂੰਜਾ ਕੁਰਲੀਆ ਬਗ ਬਹਿਠੇ ਆਇ ਜੀਉ ॥ ਸਾਧਨ ਚਲੀ ਸਾਹੁਰੈ ਕਿਆ ਮੁਹੁ ਦੇਸੀ ਅਗੈ ਜਾਇ ਜੀਉ ॥ ਸੁਤੀ ਸੁਤੀ ਝਾਲੁ ਥੀਆ ਭੁਲੀ ਵਾਟੜੀਆਸੁ ਜੀਉ ॥ ਤੈ ਸਹ ਨਾਲਹੁ ਮੁਤੀਅਸੁ ਦੁਖਾ ਕੂੰ ਧਰੀਆਸੁ ਜੀਉ ॥ ਤੁਧੁ ਗੁਣ ਮੈ ਸਭਿ ਅਵਗਣਾ ਇਕ ਨਾਨਕ ਕੀ ਅਰਦਾਸਿ ਜੀਉ ॥ ਸਭਿ ਰਾਤੀ ਸੋਹਾਗਣੀ ਮੈ ਡੋਹਾਗਣਿ ਕਾਈ ਰਾਤਿ ਜੀਉ ॥੧॥ {ਪੰਨਾ 762}

ਪਦ ਅਰਥ :—ਕੁਚਜੀ—ਕੁ-ਚੱਜੀ, ਕੋਝੇ ਚੱਜ ਵਾਲੀ, ਜਿਸ ਨੂੰ ਜੀਵਨ ਦੀ ਜਾਚ ਨਹੀਂ । ਮੰਞੁ—ਮੈਂ । ਅੰਮਾਵਣਿ—ਜੋ ਸਮਾ ਨਾਹ ਸਕਣ, ਬਹੁਤ । ਡੋਸੜੇ—ਕੋਝੇ ਦੋਸ, ਐਬ । ਹਉ—ਮੈਂ । ਕਿਉਂ—ਕਿਵੇਂ? ਸਹੁ—ਖਸਮ । ਰਾਵਣਿ—ਮਾਣਨ ਲਈ । ਜਾਉ—ਮੈਂ ਜਾਵਾਂ ।

ਇਕ ਦੂ—ਇਕ ਤੋਂ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਚੜੰਦੀਆ—ਵਧੀਆ ।

ਜਿਨ੍ਹੀ ਸਖੀ—ਜਿਨ੍ਹਾਂ ਸਹੇਲੀਆਂ ਨੇ । ਸੇ—ਉਹ ਸਹੇਲੀਆਂ । ਅੰਬੀ ਛਾਵੜੀਏਹਿ—ਅੰਬਾਂ ਦੀਆਂ (ਠੰਢੀਆਂ) ਛਾਵਾਂ ਹੇਠ {ਨੋਟ :—ਇਉਂ ਜਾਪਦਾ ਹੈ ਜਿਵੇਂ ਇਹ ਛੰਤ ਗਰਮੀ ਦੀ ਰੁੱਤੇ ਉਚਾਰਿਆ ਹੈ ਜਦੋਂ ਚੁਮਾਸੇ ਦੇ ਦਿਨੀਂ ਕਿਸਾਨ ਹਲ ਆਦਿਕ ਦਾ ਕੰਮ ਮੁਕਾ ਕੇ ਦੁਪਹਿਰਾਂ ਵੇਲੇ ਰੁੱਖਾਂ ਹੇਠ ਆਰਾਮ ਕਰਦੇ ਹਨ । ਗੁਰੂ ਨਾਨਕ ਦੇਵ ਜੀ ਦੇ ਸਾਹਮਣੇ ਉਹ ਇਲਾਕਾ ਹੈ ਜਿਥੇ ਅੰਬ ਬਹੁਤ ਹਨ, ਜ਼ਿਲ੍ਹਾ ਗੁਰਦਾਸਪੁਰ} । ਮੰਞੁ—ਮੇਰੇ ਵਿਚ । ਆਵਨੀ—ਆਵਨਿ, ਆਉਂਦੇ । ਕੈ—ਕਿਸ ਉਤੇ? ਵਿਥਰਾ—ਮੈਂ ਵਿਸਥਾਰ ਨਾਲ ਦੱਸਾਂ । ਘਿਨਾ—ਮੈਂ ਲਵਾਂ । ਇਕਤੁ—ਇੱਕ ਵਿਚ, ਇੱਕ ਦੀ ਹੀ ਰਾਹੀਂ । ਇਕਤੁ ਟੋਲਿ—ਇੱਕ ਸੁੰਦਰ ਪਦਾਰਥ ਦੀ ਰਾਹੀਂ ਹੀ । ਅੰਬੜਾ—ਮੈਂ ਪਹੁੰਚ ਸਕਦੀ ।

ਰੁਪਾ—ਚਾਂਦੀ । ਰੰਗੁਲਾ—ਸੋਹਣਾ । ਤੈ—ਤੇ, ਅਤੇ । ਮਾਣਿਕੁ—ਲਾਲ । ਸਹਿ—ਸ਼ਹੁ ਨੇ । ਸੰਦੜੇ—ਦੇ । ਕੀਤੇ—ਮੈਂ ਬਣਾ ਲਏ ਹਨ । ਰਾਸਿ—ਪੂੰਜੀ, ਸਰਮਾਇਆ । ਏਨੀ ਟੋਲੀ—ਇਹਨਾਂ ਸੁੰਦਰ ਪਦਾਰਥਾਂ ਵਿਚ ਹੀ । ਭੁਲੀਅਸੁ—ਮੈਂ ਕੁਰਾਹੇ ਪੈ ਗਈ ਹਾਂ ।

ਅੰਬਰਿ—ਆਕਾਸ਼ ਵਿਚ । ਕੂੰਜਾ—ਕੂੰਜਾਂ (ਸ਼ੁਭ ਗੁਣ) । ਅੰਬਰਿ ਕੁਰਲੀਆ—ਆਕਾਸ਼ ਵਿਚ ਕੁਰਲ ਕੁਰਲ ਕਰ ਰਹੀਆਂ ਹਨ, ਦੂਰ ਚਲੀਆਂ ਗਈਆਂ ਹਨ । ਬਗ—ਬਗਲੇ (ਪਖੰਡ) । ਬਹਿਠੇ ਆਇ—ਆ ਕੇ ਬੈਠ ਗਏ ਹਨ । ਸਾਧਨ—ਜੀਵ-ਇਸਤ੍ਰੀ । ਸਾਹੁਰੈ—ਪਰਲੋਕ ਵਿਚ । ਅਗੈ—ਪਰਲੋਕ ਵਿਚ । ਜਾਇ—ਜਾ ਕੇ ।

ਸੁਤੀ ਸੁਤੀ—ਸਾਰੀ ਉਮਰ ਮਾਇਆ-ਮੋਹ ਦੀ ਨੀਂਦ ਵਿਚ ਸੁੱਤਿਆਂ ਹੀ । ਝਾਲੁ—ਪਲਾਂਘਾ, ਚਿੱਟਾ ਦਿਨ, ਬੁਢੇਪਾ । ਵਾਟੜੀਆਸੁ—ਸੋਹਣੀ ਵਾਟ, ਚੰਗਾ ਰਸਤਾ । ਸਹ—ਹੇ ਪਤੀ! ਤੇ ਨਾਲਹੁ—ਤੇਰੇ ਨਾਲੋਂ । ਮੁਤੀਅਸੁ—ਮੈਂ ਵਿਛੁੜ ਗਈ ਹਾਂ । ਕੂੰ—ਨੂੰ । ਧਰੀਆਸੁ—ਧਾਰਨ ਕਰ ਲਿਆ ਹੈ ।

ਮੈਂ—ਮੇਰੇ ਅੰਦਰ । ਸਭਿ—ਸਾਰੇ । ਅਰਦਾਸਿ—ਬੇਨਤੀ । ਸਭਿ—ਸਾਰੀਆਂ (ਸੋਹਾਗਣਾਂ) । ਡੋਹਾਗਣਿ—ਬਦ-ਨਸੀਬ ਨੂੰ । ਕਾਈ—ਕੋਈ ਇੱਕ ।੧।

ਅਰਥ :—(ਹੇ ਸਹੇਲੀਏ!) ਮੈਂ ਸਹੀ ਜੀਵਨ ਦਾ ਚੱਜ ਨਹੀਂ ਸਿੱਖਿਆ, ਮੇਰੇ ਅੰਦਰ ਇਤਨੇ ਐਬ ਹਨ ਕਿ ਅੰਦਰ ਸਮਾ ਹੀ ਨਹੀਂ ਸਕਦੇ (ਇਸ ਹਾਲਤ ਵਿਚ) ਮੈਂ ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਲਈ ਕਿਵੇਂ ਜਾ ਸਕਦੀ ਹਾਂ? (ਉਸ ਦੇ ਦਰ ਤੇ ਤਾਂ) ਇਕ ਦੂਜੀ ਤੋਂ ਵਧੀਆ ਤੋਂ ਵਧੀਆ ਹਨ, ਮੇਰਾ ਤਾਂ ਉਥੇ ਕੋਈ ਨਾਮ ਭੀ ਨਹੀਂ ਜਾਣਦਾ ।

ਜਿਨ੍ਹਾਂ ਸਹੇਲੀਆਂ ਨੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰ ਲਿਆ ਹੈ ਉਹ, ਮਾਨੋ, (ਚੁਮਾਸੇ ਵਿਚ) ਅੰਬਾਂ ਦੀਆਂ (ਠੰਢੀਆਂ) ਛਾਵਾਂ ਵਿਚ ਬੈਠੀਆਂ ਹੋਈਆਂ ਹਨ । ਮੇਰੇ ਅੰਦਰ ਤਾਂ ਉਹ ਗੁਣ ਹੀ ਨਹੀਂ ਹਨ (ਜਿਨ੍ਹਾਂ ਉਤੇ ਪ੍ਰਭੂ-ਪਤੀ ਰੀਝਦਾ ਹੈ) ਮੈਂ (ਆਪਣੀ ਇਸ ਅਭਾਗਤਾ ਦਾ) ਦੋਸ ਹੋਰ ਕਿਸ ਨੂੰ ਦੇ ਸਕਦੀ ਹਾਂ?

ਹੇ ਪ੍ਰਭੂ-ਪਤੀ! (ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਮੈਂ ਤੇਰੇ ਕੇਹੜੇ ਕੇਹੜੇ ਗੁਣ ਵਿਸਥਾਰ ਨਾਲ ਦੱਸਾਂ? ਤੇ ਮੈਂ ਤੇਰਾ ਕੇਹੜਾ ਕੇਹੜਾ ਨਾਮ ਲਵਾਂ? (ਤੇਰੇ ਅਨੇਕਾਂ ਗੁਣਾਂ ਨੂੰ ਵੇਖ ਕੇ ਤੇਰੇ ਅਨੇਕਾਂ ਹੀ ਨਾਮ ਜੀਵ ਲੈ ਰਹੇ ਹਨ) । ਤੇਰੇ ਬਖ਼ਸ਼ੇ ਹੋਏ ਕਿਸੇ ਇੱਕ ਸੁੰਦਰ ਪਦਾਰਥ ਦੀ ਰਾਹੀਂ ਭੀ (ਤੇਰੀਆਂ ਦਾਤਾਂ ਦੇ ਲੇਖੇ ਤਕ) ਨਹੀਂ ਪਹੁੰਚ ਸਕਦੀ (ਬਸ!) ਮੈਂ ਤੈਥੋਂ ਕੁਰਬਾਨ ਹੀ ਕੁਰਬਾਨ ਜਾਂਦੀ ਹਾਂ ।

(ਹੇ ਸਹੇਲੀਏ! ਵੇਖ ਮੇਰੀ ਅਭਾਗਤਾ!) ਸੋਨਾ, ਚਾਂਦੀ, ਮੋਤੀ ਤੇ ਹੀਰਾ ਆਦਿਕ ਸੋਹਣੇ ਕੀਮਤੀ ਪਦਾਰਥ—ਇਹ ਚੀਜ਼ਾਂ ਪ੍ਰਭੂ-ਪਤੀ ਨੇ ਮੈਨੂੰ ਦਿੱਤੀਆਂ, ਮੈਂ (ਉਸ ਨੂੰ ਭੁਲਾ ਕੇ ਉਸ ਦੀਆਂ ਦਿੱਤੀਆਂ) ਇਹਨਾਂ ਚੀਜ਼ਾਂ ਨਾਲ ਪਿਆਰ ਪਾ ਲਿਆ । ਮਿੱਟੀ ਪੱਥਰ ਆਦਿਕ ਦੇ ਬਣਾਏ ਹੋਏ ਸੋਹਣੇ ਘਰ—ਇਹੀ ਮੈਂ ਆਪਣੀ ਰਾਸ-ਪੂੰਜੀ ਬਣਾ ਲਏ । ਮੈਂ ਇਹਨਾਂ ਸੋਹਣੇ ਪਦਾਰਥਾਂ ਵਿਚ ਹੀ (ਫਸ ਕੇ) ਗ਼ਲਤੀ ਖਾ ਗਈ, (ਇਹ ਪਦਾਰਥ ਦੇਣ ਵਾਲੇ) ਉਸ ਖਸਮ-ਪ੍ਰਭੂ ਦੇ ਪਾਸ ਮੈਂ ਨਾਹ ਬੈਠੀ ।

ਮਾਇਆ ਦੇ ਮੋਹ ਵਿਚ ਫਸ ਕੇ ਜਿਸ ਜੀਵ-ਇਸਤ੍ਰੀ ਦੇ ਸ਼ੁਭ ਗੁਣ ਉਸ ਤੋਂ ਦੂਰ ਪਰੇ ਚਲੇ ਜਾਣ, ਤੇ ਉਸ ਦੇ ਅੰਦਰ ਨਿਰੇ ਪਖੰਡ ਹੀ ਇਕੱਠੇ ਹੋ ਜਾਣ, ਉਹ ਜਦੋਂ ਇਸ ਹਾਲ ਵਿਚ ਪਰਲੋਕ ਜਾਵੇ ਤਾਂ ਜਾ ਕੇ ਪਰਲੋਕ ਵਿਚ (ਪ੍ਰਭੂ ਦੀ ਹਜ਼ੂਰੀ ਵਿਚ) ਕੀਹ ਮੂੰਹ ਵਿਖਾਵੇਗੀ?

ਹੇ ਪ੍ਰਭੂ! ਮਾਇਆ ਦੇ ਮੋਹ ਦੀ ਨੀਂਦ ਵਿਚ ਗ਼ਾਫ਼ਿਲ ਪਏ ਰਿਹਾਂ ਮੈਨੂੰ ਬੁਢੇਪਾ ਆ ਗਿਆ ਹੈ, ਜੀਵਨ ਦੇ ਸਹੀ ਰਸਤੇ ਤੋਂ ਮੈਂ ਖੁੰਝੀ ਹੋਈ ਹਾਂ । ਹੇ ਪਤੀ! ਮੈਂ ਤੇਰੇ ਨਾਲੋਂ ਵਿਛੁੜੀ ਹੋਈ ਹਾਂ, ਮੈਂ ਨਿਰੇ ਦੁੱਖ ਹੀ ਦੁੱਖ ਸਹੇੜੇ ਹੋਏ ਹਨ ।

ਹੇ ਪ੍ਰਭੂ! ਤੂੰ ਬੇਅੰਤ ਗੁਣਾਂ ਵਾਲਾ ਹੈਂ, ਮੇਰੇ ਅੰਦਰ ਸਾਰੇ ਔਗੁਣ ਹੀ ਔਗੁਣ ਹਨ, ਫਿਰ ਭੀ ਨਾਨਕ ਦੀ ਬੇਨਤੀ (ਤੇਰੇ ਹੀ ਦਰ ਤੇ) ਹੈ ਕਿ ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਤਾਂ ਸਦਾ ਹੀ ਤੇਰੇ ਨਾਮ-ਰੰਗ ਵਿਚ ਰੰਗੀਆਂ ਹੋਈਆਂ ਹਨ, ਮੈਨੂੰ ਅਭਾਗਣ ਨੂੰ ਭੀ ਕੋਈ ਇਕ ਰਾਤ ਬਖ਼ਸ਼ (ਮੇਰੇ ਉਤੇ ਭੀ ਕਦੇ ਮੇਹਰ ਦੀ ਨਿਗਾਹ ਕਰ) ।੧।

ਸੂਹੀ ਮਹਲਾ ੧ ਸੁਚਜੀ ॥ ਜਾ ਤੂ ਤਾ ਮੈ ਸਭੁ ਕੋ ਤੂ ਸਾਹਿਬੁ ਮੇਰੀ ਰਾਸਿ ਜੀਉ ॥ ਤੁਧੁ ਅੰਤਰਿ ਹਉ ਸੁਖਿ ਵਸਾ ਤੂੰ ਅੰਤਰਿ ਸਾਬਾਸਿ ਜੀਉ ॥ ਭਾਣੈ ਤਖਤਿ ਵਡਾਈਆ ਭਾਣੈ ਭੀਖ ਉਦਾਸਿ ਜੀਉ ॥ ਭਾਣੈ ਥਲ ਸਿਰਿ ਸਰੁ ਵਹੈ ਕਮਲੁ ਫੁਲੈ ਆਕਾਸਿ ਜੀਉ ॥ ਭਾਣੈ ਭਵਜਲੁ ਲੰਘੀਐ ਭਾਣੈ ਮੰਝਿ ਭਰੀਆਸਿ ਜੀਉ ॥ ਭਾਣੈ ਸੋ ਸਹੁ ਰੰਗੁਲਾ ਸਿਫਤਿ ਰਤਾ ਗੁਣਤਾਸਿ ਜੀਉ ॥ ਭਾਣੈ ਸਹੁ ਭੀਹਾਵਲਾ ਹਉ ਆਵਣਿ ਜਾਣਿ ਮੁਈਆਸਿ ਜੀਉ ॥ ਤੂ ਸਹੁ ਅਗਮੁ ਅਤੋਲਵਾ ਹਉ ਕਹਿ ਕਹਿ ਢਹਿ ਪਈਆਸਿ ਜੀਉ ॥ ਕਿਆ ਮਾਗਉ ਕਿਆ ਕਹਿ ਸੁਣੀ ਮੈ ਦਰਸਨ ਭੂਖ ਪਿਆਸਿ ਜੀਉ ॥ ਗੁਰ ਸਬਦੀ ਸਹੁ ਪਾਇਆ ਸਚੁ ਨਾਨਕ ਕੀ ਅਰਦਾਸਿ ਜੀਉ ॥੨॥ {ਪੰਨਾ ੭੬੨}

ਪਦ ਅਰਥ :—ਸੁਚਜੀ—ਸੁ-ਚੱਜੀ, ਜਿਸ ਨੇ ਜੀਵਨ ਦੀ ਚੰਗੀ ਜਾਚ ਸਿੱਖੀ ਹੋਈ ਹੈ ।

ਜਾ—ਜਦੋਂ । ਤਾ—ਤਦੋਂ । ਸਭੁ ਕੋ—ਹਰੇਕ ਜੀਵ । ਰਾਸਿ—ਪੂੰਜੀ, ਸਰਮਾਇਆ । ਤੁਧੁ—ਤੈਨੂੰ । ਅੰਤਰਿ—ਆਪਣੇ ਹਿਰਦੇ ਵਿਚ (ਵਸਾ ਕੇ) । ਹਉ—ਮੈਂ । ਸੁਖਿ—ਸੁਖੀ, ਸੁਖ ਨਾਲ । ਵਸਾ—ਵਸਾਂ, ਮੈਂ ਵੱਸਦੀ ਹਾਂ । ਸਾਬਾਸਿ—ਵਡਿਆਈ ।

ਭਾਣੈ—ਪ੍ਰਭੂ ਦੀ ਰਜ਼ਾ ਵਿਚ ਹੀ । ਤਖਤਿ—ਤਖ਼ਤ ਉਤੇ । ਉਦਾਸਿ—ਉਦਾਸੀ, ਤਿਆਗੀ । ਥਲ ਸਿਰਿ—ਥਲ ਦੇ ਸਿਰ ਉਤੇ । ਸਰੁ—ਤਲਾਬ, ਦਰੀਆ, ਸਮੁੰਦਰ । ਵਹੈ—ਵਗ ਪੈਂਦਾ ਹੈ । ਆਕਾਸਿ—ਆਕਾਸ਼ ਵਿਚ, ਅਹੰਕਾਰੀ ਹਿਰਦੇ ਵਿਚ । ਫੁਲੈ—ਖਿੜ ਪੈਂਦਾ ਹੈ । ਮੰਝਿ—ਵਿੱਚੇ ਹੀ । ਭਰੀਆਸਿ—ਭਰੀਜ ਕੇ ਡੁੱਬ ਜਾਈਦਾ ਹੈ । ਸਹੁ—ਖਸਮ-ਪ੍ਰਭੂ । ਰੰਗੁਲਾ—ਪਿਆਰਾ । ਗੁਣ ਤਾਸਿ—ਗੁਣਾਂ ਦਾ ਖ਼ਜ਼ਾਨਾ । ਭੀਹਾਵਲਾ—ਡਰਾਉਣਾ । ਹਉ—ਮੈਂ । ਆਵਣਿ ਜਾਇ—ਜੰਮਣ ਮਰਨ (ਦੇ ਗੇੜ) ਵਿਚ ।

ਅਗਮ—ਅਪਹੁੰਚ । ਅਤੋਲਵਾ—ਬੇਅੰਤ ਗੁਣਾਂ ਵਾਲਾ । ਮਾਗਉ—ਮੈਂ ਮੰਗਾਂ । ਪਿਆਸਿ—ਪਿਆਸੀ । ਸਚੁ—ਸਦਾ-ਥਿਰ ਰਹਿਣ ਵਾਲਾ ।੨।

ਅਰਥ :—ਹੇ ਪ੍ਰਭੂ! ਜਦੋਂ ਤੂੰ (ਮੇਰੇ ਵਲ ਹੁੰਦਾ ਹੈਂ) ਤਦੋਂ ਹਰੇਕ ਜੀਵ ਮੈਨੂੰ (ਆਦਰ ਦੇਂਦਾ ਹੈ) । ਤੂੰ ਹੀ ਮੇਰਾ ਮਾਲਕ ਹੈਂ, ਤੂੰ ਹੀ ਮੇਰਾ ਸਰਮਾਇਆ ਹੈਂ । ਜਦੋਂ ਮੈਂ ਤੈਨੂੰ ਆਪਣੇ ਹਿਰਦੇ ਵਿਚ ਵਸਾ ਲੈਂਦੀ ਹਾਂ ਤਦੋਂ ਮੈਂ ਸੁਖੀ ਵਸਦੀ ਹਾਂ ਜਦੋਂ ਤੂੰ ਮੇਰੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈਂ ਤਦੋਂ ਮੈਨੂੰ (ਹਰ ਥਾਂ) ਸੋਭਾ ਮਿਲਦੀ ਹੈ ।

ਪ੍ਰਭੂ ਦੀ ਰਜ਼ਾ ਵਿਚ ਹੀ ਕੋਈ ਤਖ਼ਤ ਉਤੇ ਬੈਠਾ ਹੈ ਤੇ ਵਡਿਆਈਆਂ ਮਿਲ ਰਹੀਆਂ ਹਨ, ਉਸ ਦੀ ਰਜ਼ਾ ਵਿਚ ਹੀ ਕੋਈ ਵਿਰਕਤ ਹੋ ਕੇ (ਦਰ ਦਰ ਤੇ) ਭਿੱਛਿਆ ਮੰਗਦਾ ਫਿਰਦਾ ਹੈ । ਪ੍ਰਭੂ ਦੀ ਰਜ਼ਾ ਵਿਚ ਹੀ ਕਿਤੇ ਸੁੱਕੀ ਧਰਤੀ ਉਤੇ ਸਰੋਵਰ ਚਲ ਪੈਂਦਾ ਹੈ ਤੇ ਕੌਲ ਫੁੱਲ ਆਕਾਸ਼ ਵਿਚ ਖਿੜ ਆਉਂਦਾ ਹੈ (ਭਾਵ, ਕਿਸੇ ਅਹੰਕਾਰੀ ਪ੍ਰੇਮ-ਹੀਣ ਹਿਰਦੇ ਵਿਚ ਪ੍ਰੇਮ ਦਾ ਪ੍ਰਵਾਹ ਚੱਲ ਪੈਂਦਾ ਹੈ) ।

ਪ੍ਰਭੂ ਦੀ ਰਜ਼ਾ ਵਿਚ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ; ਉਸ ਦੀ ਰਜ਼ਾ ਅਨੁਸਾਰ ਹੀ ਵਿਕਾਰਾਂ ਨਾਲ ਭਰੀਜ ਕੇ ਵਿੱਚੇ ਹੀ ਡੁੱਬ ਜਾਈਦਾ ਹੈ । ਉਸ ਦੀ ਰਜ਼ਾ ਵਿਚ ਹੀ ਕਿਸੇ ਜੀਵ-ਇਸਤ੍ਰੀ ਨੂੰ ਉਹ ਪ੍ਰਭੂ-ਪਤੀ ਪਿਆਰਾ ਲੱਗਦਾ ਹੈ, ਰਜ਼ਾ ਅਨੁਸਾਰ ਹੀ ਕੋਈ ਜੀਵ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀਆਂ ਸਿਫ਼ਤਾਂ ਵਿਚ ਮਸਤ ਰਹਿੰਦਾ ਹੈ । ਇਹ ਭੀ ਉਸ ਦੀ ਰਜ਼ਾ ਵਿਚ ਹੀ ਹੈ ਕਿ ਕਦੇ ਉਹ ਖਸਮ ਮੈਨੂੰ ਜੀਵ-ਇਸਤ੍ਰੀ ਨੂੰ ਡਰਾਉਣਾ ਲੱਗਦਾ ਹੈ, ਤੇ ਮੈਂ ਜਨਮ ਮਰਨ ਦੇ ਗੇੜ ਵਿਚ ਪੈ ਕੇ ਆਤਮਕ ਮੌਤੇ ਮਰਦੀ ਹਾਂ ।

ਹੇ ਪ੍ਰਭੂ-ਪਤੀ! ਤੂੰ ਅਪਹੁੰਚ ਹੈਂ, ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ । ਮੈਂ ਅਰਦਾਸਾਂ ਕਰ ਕਰ ਕੇ ਤੇਰੇ ਹੀ ਦਰ ਤੇ ਢਹਿ ਪਈ ਹਾਂ (ਮੈਂ ਤੇਰਾ ਹੀ ਆਸਰਾ-ਪਰਨਾ ਲਿਆ ਹੈ) । ਮੈਂ ਤੇਰੇ ਦਰ ਤੋਂ ਹੋਰ ਕੀਹ ਮੰਗਾਂ? ਤੈਨੂੰ ਹੋਰ ਕੀਹ ਆਖਾਂ ਜੋ ਤੂੰ ਸੁਣੇਂ? ਮੈਨੂੰ ਤੇਰੇ ਦੀਦਾਰ ਦੀ ਭੁੱਖ ਹੈ, ਮੈਂ ਤੇਰੇ ਦਰਸਨ ਦੀ ਪਿਆਸੀ ਹਾਂ । ਤੂੰ ਸਦਾ-ਥਿਰ ਰਹਿਣ ਵਾਲਾ ਖਸਮ ਗੁਰੂ ਦੇ ਸ਼ਬਦ ਦੀ ਰਾਹੀਂ ਮਿਲਦਾ ਹੈਂ । ਮੇਰੀ ਨਾਨਕ ਦੀ ਤੇਰੇ ਅੱਗੇ ਅਰਜ਼ੋਈ ਹੈ ਕਿ ਮੈਨੂੰ ਭੀ ਗੁਰੂ ਦੀ ਸਰਨ ਪਾ ਕੇ ਮਿਲ ।੨।

ਸੂਹੀ ਮਹਲਾ ੫ ਗੁਣਵੰਤੀ ॥ ਜੋ ਦੀਸੈ ਗੁਰਸਿਖੜਾ ਤਿਸੁ ਨਿਵਿ ਨਿਵਿ ਲਾਗਉ ਪਾਇ ਜੀਉ ॥ ਆਖਾ ਬਿਰਥਾ ਜੀਅ ਕੀ ਗੁਰੁ ਸਜਣੁ ਦੇਹਿ ਮਿਲਾਇ ਜੀਉ ॥ ਸੋਈ ਦਸਿ ਉਪਦੇਸੜਾ ਮੇਰਾ ਮਨੁ ਅਨਤ ਨ ਕਾਹੂ ਜਾਇ ਜੀਉ ॥ ਇਹੁ ਮਨੁ ਤੈ ਕੂੰ ਡੇਵਸਾ ਮੈ ਮਾਰਗੁ ਦੇਹੁ ਬਤਾਇ ਜੀਉ ॥ ਹਉ ਆਇਆ ਦੂਰਹੁ ਚਲਿ ਕੈ ਮੈ ਤਕੀ ਤਉ ਸਰਣਾਇ ਜੀਉ ॥ ਮੈ ਆਸਾ ਰਖੀ ਚਿਤਿ ਮਹਿ ਮੇਰਾ ਸਭੋ ਦੁਖੁ ਗਵਾਇ ਜੀਉ ॥ ਇਤੁ ਮਾਰਗਿ ਚਲੇ ਭਾਈਅੜੇ ਗੁਰੁ ਕਹੈ ਸੁ ਕਾਰ ਕਮਾਇ ਜੀਉ ॥ ਤਿਆਗੇਂ ਮਨ ਕੀ ਮਤੜੀ ਵਿਸਾਰੇਂ ਦੂਜਾ ਭਾਉ ਜੀਉ ॥ ਇਉ ਪਾਵਹਿ ਹਰਿ ਦਰਸਾਵੜਾ ਨਹ ਲਗੈ ਤਤੀ ਵਾਉ ਜੀਉ ॥ ਹਉ ਆਪਹੁ ਬੋਲਿ ਨ ਜਾਣਦਾ ਮੈ ਕਹਿਆ ਸਭੁ ਹੁਕਮਾਉ ਜੀਉ ॥ ਹਰਿ ਭਗਤਿ ਖਜਾਨਾ ਬਖਸਿਆ ਗੁਰਿ ਨਾਨਕਿ ਕੀਆ ਪਸਾਉ ਜੀਉ ॥ ਮੈ ਬਹੁੜਿ ਨ ਤ੍ਰਿਸਨਾ ਭੁਖੜੀ ਹਉ ਰਜਾ ਤ੍ਰਿਪਤਿ ਅਘਾਇ ਜੀਉ ॥ ਜੋ ਗੁਰ ਦੀਸੈ ਸਿਖੜਾ ਤਿਸੁ ਨਿਵਿ ਨਿਵਿ ਲਾਗਉ ਪਾਇ ਜੀਉ ॥੩॥ {ਪੰਨਾ ੭੬੩}

ਪਦ ਅਰਥ :—ਗੁਣਵੰਤੀ—ਗੁਣਾਂ ਵਾਲੀ । ਸਿਖੜਾ—ਪਿਆਰਾ ਸਿੱਖ । ਲਾਗਉ—ਮੈਂ ਲੱਗਾਂ । ਪਾਇ—ਪੈਰੀਂ । ਬਿਰਥਾ—ਪੀੜਾ, ਦੁੱਖ । ਜੀਅ ਕੀ—ਜਿੰਦ ਦੀ । ਉਪਦੇਸੜਾ—ਸੋਹਣਾ ਉਪਦੇਸ਼ । ਅਨਤ—{ਅਂਯ} ਕਿਸੇ ਹੋਰ ਪਾਸੇ । ਤੈ ਕੂੰ—ਤੈਨੂੰ । ਡੇਵਸਾ—ਮੈਂ ਦੇ ਦਿਆਂਗਾ । ਮਾਰਗੁ—ਰਸਤਾ ।

ਹਉ—ਮੈਂ । ਸਰਣਾਇ—ਆਸਰਾ । ਮਹਿ—ਵਿਚ । ਸਭੋ—ਸਭੁ, ਸਾਰਾ ।

ਇਤੁ ਮਾਰਗਿ—ਇਸ ਰਸਤੇ ਉਤੇ । ਭਾਈਅੜੇ—ਪਿਆਰੇ ਭਰਾ । ਤਿਆਗੇਂ—ਜੇ ਤੂੰ ਤਿਆਗ ਦੇਵੇਂ । ਮਤੜੀ—ਕੋਝੀ ਮਤਿ । ਵਿਸਾਰੇਂ—ਜੇ ਤੂੰ ਵਿਸਾਰ ਦੇਵੇਂ । ਭਾਉ—ਪਿਆਰ । ਇਉ—ਇਸ ਤਰ੍ਹਾਂ । ਦਰਸਾਵੜਾ—ਸੋਹਣਾ ਦੀਦਾਰ । ਵਾਉ—ਹਵਾ । ਤਤੀ ਵਾਉ—ਸੇਕ, ਦੁੱਖ-ਕਲੇਸ਼ ।

ਆਪਹੁ—ਆਪਣੇ ਆਪ ਤੋਂ, ਆਪਣੀ ਅਕਲ ਨਾਲ । ਹੁਕਮਾਉ—ਪ੍ਰਭੂ ਦਾ ਹੁਕਮ ਹੀ । ਗੁਰਿ—ਗੁਰੂ ਨੇ । ਨਾਨਕਿ—ਨਾਨਕ ਨੇ । ਪਸਾਉ—ਪ੍ਰਸਾਦੁ, ਕਿਰਪਾ । ਬਹੁੜਿ—ਮੁੜ । ਮੈਂ—ਮੈਨੂੰ । ਭੁਖੜੀ—ਭੈੜੀ ਭੁੱਖ । ਹਉ—ਮੈਂ । ਅਘਾਇ—ਰੱਜ ਕੇ । ਰਜਾ ਤ੍ਰਿਪਤਿ ਅਘਾਇ—ਖਾ ਪੀ ਕੇ ਚੰਗੀ ਤਰ੍ਹਾਂ ਰੱਜ ਗਿਆ ਹਾਂ । ਗੁਰ ਸਿਖੜਾ—ਗੁਰੂ ਦਾ ਪਿਆਰਾ ਸਿੱਖ ।੩।

ਅਰਥ :—ਮੈਨੂੰ ਜੇਹੜਾ ਭੀ ਕੋਈ ਗੁਰੂ ਦਾ ਪਿਆਰਾ ਸਿੱਖ ਮਿਲ ਪੈਂਦਾ ਹੈ, ਮੈਂ ਨੀਊਂ ਨੀਊਂ ਕੇ (ਭਾਵ, ਨਿਮ੍ਰਤਾ-ਅਧੀਨਗੀ ਨਾਲ) ਉਸ ਦੀ ਪੈਰੀਂ ਲੱਗਦਾ ਹਾਂ, ਤੇ ਉਸ ਨੂੰ ਆਪਣੇ ਦਿਲ ਦੀ ਪੀੜਾ (ਤਾਂਘ) ਦੱਸਦਾ ਹਾਂ (ਤੇ ਬੇਨਤੀ ਕਰਦਾ ਹਾਂ—ਹੇ ਗੁਰਸਿੱਖ!) ਮੈਨੂੰ ਸੱਜਣ-ਗੁਰੂ ਮਿਲਾ ਦੇ । ਮੈਨੂੰ ਕੋਈ ਅਜੇਹਾ ਸੋਹਣਾ ਉਪਦੇਸ਼ ਦੱਸ (ਜਿਸ ਦੀ ਬਰਕਤਿ ਨਾਲ) ਮੇਰਾ ਮਨ ਕਿਸੇ ਹੋਰ ਪਾਸੇ ਵਲ ਨਾਹ ਜਾਏ । ਮੈਂ ਆਪਣਾ ਇਹ ਮਨ ਤੇਰੇ ਹਵਾਲੇ ਕਰ ਦਿਆਂਗਾ, ਮੈਨੂੰ ਰਸਤਾ ਦੱਸ (ਜਿਸ ਰਾਹੇ ਪੈ ਕੇ ਪ੍ਰਭੂ ਦਾ ਦਰਸਨ ਕਰ ਸਕਾਂ) । ਮੈਂ (ਚੌਰਾਸੀ ਲੱਖ ਦੇ) ਦੂਰ ਦੇ ਪੈਂਡੇ ਤੋਂ ਤੁਰ ਕੇ ਆਇਆ ਹਾਂ, ਹੁਣ ਮੈਂ ਤੇਰਾ ਆਸਰਾ ਤੱਕਿਆ ਹੈ । ਮੈਂ ਆਪਣੇ ਚਿੱਤ ਵਿਚ ਇਹ ਆਸ ਰੱਖੀ ਹੋਈ ਹੈ ਕਿ ਤੂੰ ਮੇਰਾ ਸਾਰਾ ਦੁੱਖ ਦੂਰ ਕਰ ਦੇਵੇਂਗਾ ।

(ਅੱਗੋਂ ਉੱਤਰ ਮਿਲਦਾ ਹੈ—) ਇਸ ਰਸਤੇ ਉਤੇ ਜੇਹੜੇ ਗੁਰ-ਭਾਈ ਤੁਰਦੇ ਹਨ (ਉਹ ਗੁਰੂ ਦੀ ਦੱਸੀ ਕਾਰ ਕਰਦੇ ਹਨ) ਤੂੰ ਭੀ ਉਹੀ ਕਾਰ ਕਰ ਜੋ ਗੁਰੂ ਦੱਸਦਾ ਹੈ । ਜੇ ਤੂੰ ਆਪਣੇ ਮਨ ਦੀ ਕੋਝੀ ਮਤਿ ਛੱਡ ਦੇਵੇਂ, ਜੇ ਤੂੰ ਪ੍ਰਭੂ ਤੋਂ ਬਿਨਾ ਹੋਰ (ਮਾਇਆ ਆਦਿਕ) ਦਾ ਪਿਆਰ ਭੁਲਾ ਦੇਵੇਂ, ਤਾਂ ਇਸ ਤਰ੍ਹਾਂ ਤੂੰ ਪ੍ਰਭੂ ਦਾ ਸੋਹਣਾ ਦਰਸਨ ਕਰ ਲਵੇਂਗਾ, ਤੈਨੂੰ ਕੋਈ ਦੁੱਖ-ਕਲੇਸ਼ ਨਹੀਂ ਵਿਆਪੇਗਾ । ਮੈਂ ਜੋ ਕੁਝ ਤੈਨੂੰ ਦੱਸਿਆ ਹੈ ਗੁਰੂ ਦਾ ਹੁਕਮ ਹੀ ਦੱਸਿਆ ਹੈ, ਮੈਂ ਆਪਣੀ ਅਕਲ ਦਾ ਆਸਰਾ ਲੈ ਕੇ ਇਹ ਰਸਤਾ ਨਹੀਂ ਦੱਸ ਰਿਹਾ । ਜਿਸ (ਸੁਭਾਗ ਬੰਦੇ) ਉਤੇ ਨਾਨਕ ਨੇ ਕਿਰਪਾ ਕੀਤੀ ਹੈ, ਪਰਮਾਤਮਾ ਨੇ ਉਸ ਨੂੰ ਆਪਣੀ ਭਗਤੀ ਦਾ ਖ਼ਜ਼ਾਨਾ ਬਖ਼ਸ਼ ਦਿੱਤਾ ਹੈ । (ਗੁਰੂ ਨਾਨਕ ਦੀ ਮੇਹਰ ਦਾ ਸਦਕਾ ਮੈਂ ਪੂਰਨ ਤੌਰ ਤੇ ਰੱਜ ਗਿਆ ਹਾਂ, ਮੈਨੂੰ ਹੁਣ ਮਾਇਆ ਦੀ ਕੋਈ ਭੁੱਖ ਨਹੀਂ ਸਤਾਂਦੀ ।

ਮੈਨੂੰ ਜੇਹੜਾ ਭੀ ਕੋਈ ਗੁਰੂ ਦਾ ਪਿਆਰਾ ਸਿੱਖ ਮਿਲ ਪੈਂਦਾ ਹੈ, ਮੈਂ ਨਿਮ੍ਰਤਾ-ਅਧੀਨਗੀ ਨਾਲ ਉਸ ਦੀ ਪੈਰੀਂ ਲੱਗਦਾ ਹਾਂ ।੩।

ਰਾਗੁ ਸੂਹੀ ਛੰਤ ਮਹਲਾ ੧ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਭਰਿ ਜੋਬਨਿ ਮੈ ਮਤ ਪੇਈਅੜੈ ਘਰਿ ਪਾਹੁਣੀ ਬਲਿ ਰਾਮ ਜੀਉ ॥ ਮੈਲੀ ਅਵਗਣਿ ਚਿਤਿ ਬਿਨੁ ਗੁਰ ਗੁਣ ਨ ਸਮਾਵਨੀ ਬਲਿ ਰਾਮ ਜੀਉ ॥ ਗੁਣ ਸਾਰ ਨ ਜਾਣੀ ਭਰਮਿ ਭੁਲਾਣੀ ਜੋਬਨੁ ਬਾਦਿ ਗਵਾਇਆ ॥ ਵਰੁ ਘਰੁ ਦਰੁ ਦਰਸਨੁ ਨਹੀ ਜਾਤਾ ਪਿਰ ਕਾ ਸਹਜੁ ਨ ਭਾਇਆ ॥ ਸਤਿਗੁਰ ਪੂਛਿ ਨ ਮਾਰਗਿ ਚਾਲੀ ਸੂਤੀ ਰੈਣਿ ਵਿਹਾਣੀ ॥ ਨਾਨਕ ਬਾਲਤਣਿ ਰਾਡੇਪਾ ਬਿਨੁ ਪਿਰ ਧਨ ਕੁਮਲਾਣੀ ॥੧॥ ਬਾਬਾ ਮੈ ਵਰੁ ਦੇਹਿ ਮੈ ਹਰਿ ਵਰੁ ਭਾਵੈ ਤਿਸ ਕੀ ਬਲਿ ਰਾਮ ਜੀਉ ॥ ਰਵਿ ਰਹਿਆ ਜੁਗ ਚਾਰਿ ਤ੍ਰਿਭਵਣ ਬਾਣੀ ਜਿਸ ਕੀ ਬਲਿ ਰਾਮ ਜੀਉ ॥ ਤ੍ਰਿਭਵਣ ਕੰਤੁ ਰਵੈ ਸੋਹਾਗਣਿ ਅਵਗਣਵੰਤੀ ਦੂਰੇ ॥ ਜੈਸੀ ਆਸਾ ਤੈਸੀ ਮਨਸਾ ਪੂਰਿ ਰਹਿਆ ਭਰਪੂਰੇ ॥ ਹਰਿ ਕੀ ਨਾਰਿ ਸੁ ਸਰਬ ਸੁਹਾਗਣਿ ਰਾਂਡ ਨ ਮੈਲੈ ਵੇਸੇ ॥ ਨਾਨਕ ਮੈ ਵਰੁ ਸਾਚਾ ਭਾਵੈ ਜੁਗਿ ਜੁਗਿ ਪ੍ਰੀਤਮ ਤੈਸੇ ॥੨॥ ਬਾਬਾ ਲਗਨੁ ਗਣਾਇ ਹੰਭੀ ਵੰਞਾ ਸਾਹੁਰੈ ਬਲਿ ਰਾਮ ਜੀਉ ॥ ਸਾਹਾ ਹੁਕਮੁ ਰਜਾਇ ਸੋ ਨ ਟਲੈ ਜੋ ਪ੍ਰਭੁ ਕਰੈ ਬਲਿ ਰਾਮ ਜੀਉ ॥ ਕਿਰਤੁ ਪਇਆ ਕਰਤੈ ਕਰਿ ਪਾਇਆ ਮੇਟਿ ਨ ਸਕੈ ਕੋਈ ॥ ਜਾਞੀ ਨਾਉ ਨਰਹ ਨਿਹਕੇਵਲੁ ਰਵਿ ਰਹਿਆ ਤਿਹੁ ਲੋਈ ॥ ਮਾਇ ਨਿਰਾਸੀ ਰੋਇ ਵਿਛੁੰਨੀ ਬਾਲੀ ਬਾਲੈ ਹੇਤੇ ॥ ਨਾਨਕ ਸਾਚ ਸਬਦਿ ਸੁਖ ਮਹਲੀ ਗੁਰ ਚਰਣੀ ਪ੍ਰਭੁ ਚੇਤੇ ॥੩॥ ਬਾਬੁਲਿ ਦਿਤੜੀ ਦੂਰਿ ਨਾ ਆਵੈ ਘਰਿ ਪੇਈਐ ਬਲਿ ਰਾਮ ਜੀਉ ॥ ਰਹਸੀ ਵੇਖਿ ਹਦੂਰਿ ਪਿਰਿ ਰਾਵੀ ਘਰਿ ਸੋਹੀਐ ਬਲਿ ਰਾਮ ਜੀਉ ॥ ਸਾਚੇ ਪਿਰ ਲੋੜੀ ਪ੍ਰੀਤਮ ਜੋੜੀ ਮਤਿ ਪੂਰੀ ਪਰਧਾਨੇ ॥ ਸੰਜੋਗੀ ਮੇਲਾ ਥਾਨਿ ਸੁਹੇਲਾ ਗੁਣਵੰਤੀ ਗੁਰ ਗਿਆਨੇ ॥ ਸਤੁ ਸੰਤੋਖੁ ਸਦਾ ਸਚੁ ਪਲੈ ਸਚੁ ਬੋਲੈ ਪਿਰ ਭਾਏ ॥ ਨਾਨਕ ਵਿਛੁੜਿ ਨਾ ਦੁਖੁ ਪਾਏ ਗੁਰਮਤਿ ਅੰਕਿ ਸਮਾਏ ॥੪॥੧॥ {ਪੰਨਾ ੭੬੩-੭੬੪}

ਪਦ ਅਰਥ :—ਭਰਿ ਜੋਬਨਿ—ਭਰੀ ਜਵਾਨੀ ਵਿਚ, ਭਰ-ਜਵਾਨੀ ਦੇ ਸਮੇ । ਮੈ—ਸ਼ਰਾਬ । ਮਤ—ਮੱਤ, ਮਸਤ । ਪੇਈਅੜੈ ਘਰਿ—ਪੇਕੇ ਘਰ ਵਿਚ । ਪਾਹੁਣੀ—ਪ੍ਰਾਹੁਣੀ । ਬਲਿ—ਸਦਕੇ । ਰਾਮ—ਹੇ ਰਾਮ! ਅਵਗਣਿ—ਔਗੁਣ ਦੇ ਕਾਰਨ । ਚਿਤਿ—ਚਿੱਤ ਵਿਚ । ਨ ਸਮਾਵਨੀ—ਨਹੀਂ ਸਮਾਂਦੇ । ਸਾਰ—ਕਦਰ । ਭਰਮਿ—ਭਟਕਣਾ ਵਿਚ । ਬਾਦਿ—ਵਿਅਰਥ । ਵਰੁ—ਖਸਮ-ਪ੍ਰਭੂ । ਸਹਜੁ—ਸੁਭਾਉ । ਭਾਇਆ—ਚੰਗਾ ਲੱਗਾ । ਪੂਛਿ—ਪੁੱਛ ਕੇ । ਮਾਰਗਿ—(ਸਹੀ) ਰਸਤੇ ਉਤੇ । ਰੈਣਿ—(ਜ਼ਿੰਦਗੀ ਦੀ) ਰਾਤ । ਬਾਲਤਣ—ਬਾਲ-ਉਮਰ ਵਿਚ (ਹੀ) । ਧਨ—ਜੀਵ-ਇਸਤ੍ਰੀ ।੧।

ਬਾਬਾ—ਹੇ ਗੁਰੂ! ਮੈ—ਮੈਨੂੰ । ਵਰੁ—ਪ੍ਰਭੂ-ਪਤੀ । ਦੇਹਿ—ਮਿਲਾ । ਭਾਵੈ—ਪਿਆਰਾ ਲੱਗਦਾ ਹੈ । ਮੈ ਤਿਸ ਕੀ ਬਲਿ ਰਾਮ—ਮੈਂ ਉਸ ਰਾਮ ਤੋਂ ਸਦਕੇ ਹਾਂ । ਰਵਿ ਰਹਿਆ—ਮੌਜੂਦ ਹੈ, ਹਰ ਥਾਂ ਵਿਆਪਕ ਹੈ । ਜੁਗ ਚਾਰਿ—ਸਦਾ ਹੀ । ਤ੍ਰਿਭਵਣ—ਤਿੰਨਾਂ ਭਵਨਾਂ ਵਿਚ, ਸਾਰੇ ਜਗਤ ਵਿਚ । ਬਾਣੀ—ਹੁਕਮ । ਰਵੈ—ਪਿਆਰ ਕਰਦਾ ਹੈ । ਮਨਸਾ—{ਮਨੀ—ਾ} ਇੱਛਾ । ਸਰਬ—ਸਦਾ ਹੀ । ਰਾਂਡ—ਰੰਡੀ । ਤੈਸੇ—ਇਕ-ਸਮਾਨ ।੨।

ਲਗਨੁ—ਮੁਹੂਰਤ । ਲਗਨੁ ਗਣਾਇ—ਮੁਹੂਰਤ ਕਢਾ ਕੇ । ਹੰਭੀ—ਮੈਂ ਭੀ । ਵੰਞਾ—ਪਹੁੰਚ ਸਕਾਂ । ਸਾਹੁਰੈ—ਪਤੀ ਦੇ ਘਰ ਵਿਚ, ਪ੍ਰਭੂ-ਚਰਨਾਂ ਵਿਚ । ਸਾਹਾ—ਲਗਨ, ਮੁਹੂਰਤ । ਰਜਾਇ—ਪਰਮਾਤਮਾ ਦੀ ਮਰਜ਼ੀ ਅਨੁਸਾਰ । ਨ ਟਲੈ—ਅਗਾਂਹ ਪਿਛਾਂਹ ਨਹੀਂ ਹੋ ਸਕਦਾ । ਕਿਰਤੁ ਪਇਆ—ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਮਿਲਿਆ ਹੋਇਆ । ਕਿਰਤ—{øਤ} ਕੀਤੇ ਹੋਏ ਕਰਮਾਂ ਦਾ ਇਕੱਠ । ਕਰਤੈ—ਕਰਤਾਰ ਨੇ । ਜਾਞੀ—ਜੰਞ ਦਾ ਮਾਲਕ, ਲਾੜਾ । ਨਿਹਕੇਵਲ—{ਨਿÕਕੈਵÑਯ} ਪਵਿਤ੍ਰ, ਸੁਤੰਤਰ । ਨਰਹ ਨਿਹਕੇਵਲੁ—ਮਨੁੱਖਾਂ ਤੋਂ ਸੁਤੰਤਰ । ਤਿਹੁ ਲੋਈ—ਤਿੰਨਾਂ ਲੋਕਾਂ ਵਿਚ । ਮਾਇ—ਮਾਇਆ । ਨਿਰਾਸੀ—ਆਸ-ਹੀਣੀ । ਰੋਇ—ਰੋ ਕੇ । ਵਿਛੁੰਨੀ—ਵਿੱਛੁੜ ਜਾਂਦੀ ਹੈ । ਬਾਲੀ—ਕੁੜੀ । ਬਾਲੈ—ਮੁੰਡੇ ਦਾ । ਹੇਤੇ—ਪਿਆਰ ਦੇ ਕਾਰਨ । ਬਾਲੀ ਬਾਲੈ ਹੇਤੇ—ਕੁੜੀ ਮੁੰਡੇ ਦੇ ਪਿਆਰ ਦੇ ਕਾਰਨ । ਸਬਦਿ—ਸ਼ਬਦ ਦੀ ਬਰਕਤਿ ਨਾਲ । ਸੁਖ—ਆਨੰਦ । ਮਹਲੀ—ਪ੍ਰਭੂ ਦੇ ਘਰ ਵਿਚ ।੩।

ਬਾਬੁਲਿ—ਪਿਉ ਨੇ, ਸਤਿਗੁਰੂ ਨੇ । ਦਿਤੜੀ—ਭੇਜ ਦਿੱਤੀ । ਦੂਰਿ—(ਮਾਇਆ ਦੇ ਪ੍ਰਭਾਵ ਤੋਂ) ਦੂਰ ਪਰੇ । ਘਰਿ—ਘਰ ਵਿਚ । ਪੇਈਐ ਘਰਿ—ਪੇਕੇ ਘਰ ਵਿਚ, ਜਨਮ ਮਰਨ ਵਿਚ । ਰਹਸੀ—ਪ੍ਰਸੰਨ ਹੁੰਦੀ ਹੈ । ਵੇਖਿ—ਵੇਖ ਕੇ । ਹਦੂਰਿ—ਆਪਣੇ ਸਾਹਮਣੇ । ਪਿਰਿ—ਪਿਰ ਨੇ, ਪ੍ਰਭੂ-ਪਤੀ ਨੇ । ਰਾਵੀ—ਪਿਆਰ ਕੀਤਾ । ਘਰਿ—ਘਰ ਵਿਚ, ਪ੍ਰਭੂ ਦੇ ਚਰਨਾਂ ਵਿਚ । ਸੋਹੀਐ—ਸੋਭਦੀ ਹੈ, ਆਤਮਕ ਜੀਵਨ ਸੋਹਣਾ ਬਣਾ ਲੈਂਦੀ ਹੈ । ਪਰਧਾਨੇ—ਮੰਨੀ-ਪ੍ਰਮੰਨੀ । ਸੰਜੋਗੀ—ਚੰਗੇ ਭਾਗਾਂ ਨਾਲ । ਥਾਨਿ—ਪ੍ਰਭੂ-ਚਰਨਾਂ ਵਿਚ । ਸੁਹੇਲਾ—ਸੌਖਾ (ਜੀਵਨ) । ਸਚੁ—ਸਦਾ-ਥਿਰ ਪ੍ਰਭੂ ਦਾ ਨਾਮ । ਪਲੈ—ਪੱਲੇ ਵਿਚ, ਉਸ ਦੇ ਪਾਸ । ਬੋਲੈ—ਸਿਮਰਦੀ ਹੈ । ਪਿਰ ਭਾਏ—ਪਤੀ ਨੂੰ ਪਿਆਰੀ ਲੱਗਦੀ ਹੈ । ਅੰਕਿ—ਅੰਕ ਵਿਚ, ਜੱਫੀ ਵਿਚ । ਸਮਾਏ—ਲੀਨ ਹੋ ਜਾਂਦੀ ਹੈ ।੪।

ਅਰਥ :—ਹੇ ਪ੍ਰਭੂ ਜੀ! ਮੈਂ ਤੈਥੋਂ ਸਦਕੇ ਹਾਂ (ਤੂੰ ਕੈਸੀ ਅਚਰਜ ਲੀਲਾ ਰਚਾਈ ਹੈ!) ਜੀਵ-ਇਸਤ੍ਰੀ (ਤੇਰੀ ਰਚੀ ਮਾਇਆ ਦੇ ਪ੍ਰਭਾਵ ਹੇਠ) ਜਵਾਨੀ ਦੇ ਸਮੇ ਇਉਂ ਮਸਤ ਹੈ ਜਿਵੇਂ ਸ਼ਰਾਬ ਪੀ ਕੇ ਮਦ ਹੋਸ਼ ਹੈ, (ਇਹ ਭੀ ਨਹੀਂ ਸਮਝਦੀ ਕਿ) ਇਸ ਪੇਕੇ-ਘਰ ਵਿਚ (ਇਸ ਜਗਤ ਵਿਚ) ਉਹ ਇਕ ਪ੍ਰਾਹੁਣੀ ਹੀ ਹੈ । ਵਿਕਾਰਾਂ ਦੀ ਕਮਾਈ ਨਾਲ ਚਿੱਤ ਵਿਚ ਉਹ ਮੈਲੀ ਰਹਿੰਦੀ ਹੈ (ਗੁਰੂ ਦੀ ਸਰਨ ਨਹੀਂ ਆਉਂਦੀ, ਤੇ) ਗੁਰੂ (ਦੀ ਸਰਨ ਪੈਣ) ਤੋਂ ਬਿਨਾ (ਹਿਰਦੇ ਵਿਚ) ਗੁਣ ਟਿਕ ਨਹੀਂ ਸਕਦੇ ।

(ਮਾਇਆ ਦੀ) ਭਟਕਣਾ ਵਿਚ ਪੈ ਕੇ ਜੀਵ-ਇਸਤ੍ਰੀ ਨੇ (ਪ੍ਰਭੂ ਦੇ) ਗੁਣਾਂ ਦੀ ਕੀਮਤ ਨਾਹ ਸਮਝੀ, ਕੁਰਾਹੇ ਪਈ ਰਹੀ, ਤੇ ਜਵਾਨੀ ਦਾ ਸਮਾ ਵਿਅਰਥ ਗਵਾ ਲਿਆ । ਨਾਹ ਉਸ ਨੇ ਖਸਮ-ਪ੍ਰਭੂ ਨਾਲ ਸਾਂਝ ਪਾਈ, ਨਾਹ ਉਸ ਦੇ ਦਰ ਨਾਹ ਉਸ ਦੇ ਘਰ ਤੇ ਨਾਹ ਹੀ ਉਸ ਦੇ ਦਰਸਨ ਦੀ ਕਦਰ ਪਛਾਣੀ । (ਭਟਕਣਾ ਵਿਚ ਹੀ ਰਹਿ ਕੇ) ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਦਾ ਸੁਭਾਉ ਭੀ ਪਸੰਦ ਨਾਹ ਆਇਆ ।

ਮਾਇਆ ਦੇ ਮੋਹ ਵਿਚ ਸੁੱਤੀ ਹੋਈ ਜੀਵ-ਇਸਤ੍ਰੀ ਦੀ ਜ਼ਿੰਦਗੀ ਦੀ ਸਾਰੀ ਰਾਤ ਬੀਤ ਗਈ, ਸਤਿਗੁਰੂ ਦੀ ਸਿੱਖਿਆ ਲੈ ਕੇ ਜੀਵਨ ਦੇ ਠੀਕ ਰਸਤੇ ਉਤੇ ਕਦੇ ਭੀ ਨਾਹ ਤੁਰੀ । ਹੇ ਨਾਨਕ! ਅਜੇਹੀ ਜੀਵ-ਇਸਤ੍ਰੀ ਨੇ ਤਾਂ ਬਾਲ-ਉਮਰੇ ਹੀ ਰੰਡੇਪਾ ਸਹੇੜ ਲਿਆ,

ਤੇ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਉਸ ਦਾ ਹਿਰਦਾ-ਕਮਲ ਕੁਮਲਾਇਆ ਹੀ ਰਿਹਾ ।੧।

ਹੇ ਪਿਆਰੇ ਸਤਿਗੁਰੂ! ਮੈਨੂੰ ਖਸਮ-ਪ੍ਰਭੂ ਮਿਲਾ । (ਮੇਹਰ ਕਰ) ਮੈਨੂੰ ਉਹ ਪ੍ਰਭੂ-ਪਤੀ ਪਿਆਰਾ ਲੱਗੇ, ਮੈਂ ਉਸ ਤੋਂ ਸਦਕੇ ਜਾਵਾਂ, ਜੋ ਸਦਾ ਹੀ ਹਰ ਥਾਂ ਵਿਆਪਕ ਹੈ, ਤਿੰਨਾਂ ਹੀ ਭਵਨਾਂ ਵਿਚ ਜਿਸ ਦਾ ਹੁਕਮ ਚੱਲ ਰਿਹਾ ਹੈ ।

ਤਿੰਨਾਂ ਭਵਨਾਂ ਦਾ ਮਾਲਕ ਪ੍ਰਭੂ ਭਾਗਾਂ ਵਾਲੀ ਜੀਵ-ਇਸਤ੍ਰੀ ਨਾਲ ਪਿਆਰ ਕਰਦਾ ਹੈ, ਪਰ ਜਿਸ ਨੇ ਔਗੁਣ ਹੀ ਔਗੁਣ ਸਹੇੜੇ ਉਹ ਉਸ ਦੇ ਚਰਨਾਂ ਤੋਂ ਵਿਛੁੜੀ ਰਹਿੰਦੀ ਹੈ । ਉਹ ਮਾਲਕ ਹਰੇਕ ਦੇ ਹਿਰਦੇ ਵਿਚ ਵਿਆਪਕ ਹੈ (ਉਹ ਹਰੇਕ ਦੇ ਦਿਲ ਦੀ ਜਾਣਦਾ ਹੈ) ਜਿਹੋ ਜਿਹੀ ਆਸ ਧਾਰ ਕੇ ਕੋਈ ਉਸ ਦੇ ਦਰ ਤੇ ਆਉਂਦੀ ਹੈ ਉਹੋ ਜਿਹੀ ਇੱਛਾ ਉਹ ਪੂਰੀ ਕਰ ਦੇਂਦਾ ਹੈ ।

ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਬਣੀ ਰਹਿੰਦੀ ਹੈ ਉਹ ਸਦਾ ਸੁਹਾਗ-ਭਾਗ ਵਾਲੀ ਹੈ, ਉਹ ਕਦੇ ਰੰਡੀ ਨਹੀਂ ਹੁੰਦੀ, ਉਸ ਦਾ ਵੇਸ ਕਦੇ ਮੈਲਾ ਨਹੀਂ ਹੁੰਦਾ (ਉਸ ਦਾ ਹਿਰਦਾ ਕਦੇ ਵਿਕਾਰਾਂ ਨਾਲ ਮੈਲਾ ਨਹੀਂ ਹੁੰਦਾ) ।

ਹੇ ਨਾਨਕ! (ਅਰਦਾਸ ਕਰ ਤੇ ਆਖ—ਹੇ ਸਤਿਗੁਰੂ! ਤੇਰੀ ਮੇਹਰ ਹੋਵੇ ਤਾਂ) ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ-ਪਤੀ ਮੈਨੂੰ (ਸਦਾ) ਪਿਆਰਾ ਲੱਗਦਾ ਰਹੇ ਜੇਹੜਾ ਪ੍ਰੀਤਮ ਹਰੇਕ ਜੁਗ ਵਿਚ ਇਕ-ਸਮਾਨ ਰਹਿਣ ਵਾਲਾ ਹੈ ।੨।

ਹੇ ਸਤਿਗੁਰੂ! (ਉਹ) ਮੁਹੂਰਤ ਕਢਾ (ਉਹ ਅਵਸਰ ਪੈਦਾ ਕਰ, ਜਿਸ ਦੀ ਬਰਕਤਿ ਨਾਲ) ਮੈਂ ਭੀ ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜ ਸਕਾਂ । (ਹੇ ਗੁਰੂ! ਤੇਰੀ ਕਿਰਪਾ ਨਾਲ) ਰਜ਼ਾ ਦੇ ਮਾਲਕ ਪ੍ਰਭੂ ਜੋ ਹੁਕਮ ਕਰਦਾ ਹੈ ਉਹ ਮੇਲ ਦਾ ਅਵਸਰ ਬਣ ਜਾਂਦਾ ਹੈ, ਉਸ ਨੂੰ ਕੋਈ ਅਗਾਂਹ ਪਿਛਾਂਹ ਨਹੀਂ ਕਰ ਸਕਦਾ (ਉਸ ਵਿਚ ਕੋਈ ਵਿਘਨ ਨਹੀਂ ਪਾ ਸਕਦਾ) ।

ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਕਰਤਾਰ ਨੇ (ਉਹਨਾਂ ਦੇ ਮਿਲਾਪ ਜਾਂ ਵਿਛੋੜੇ ਦਾ) ਜੋ ਭੀ ਹੁਕਮ ਦਿੱਤਾ ਹੈ ਉਸ ਨੂੰ ਕੋਈ ਉਲੰਘ ਨਹੀਂ ਸਕਦਾ ।

(ਗੁਰੂ ਵਿਚੋਲੇ ਦੀ ਕਿਰਪਾ ਨਾਲ) ਉਹ ਪਰਮਾਤਮਾ ਜੋ ਤਿੰਨਾਂ ਲੋਕਾਂ ਵਿਚ ਵਿਆਪਕ ਹੈ ਤੇ (ਫਿਰ ਭੀ ਆਪਣੇ ਪੈਦਾ ਕੀਤੇ) ਬੰਦਿਆਂ ਤੋਂ ਸੁਤੰਤਰ ਹੈ (ਜੀਵ-ਇਸਤ੍ਰੀ ਨੂੰ ਆਪਣੇ ਚਰਨਾਂ ਵਿਚ ਜੋੜਨ ਲਈ) ਲਾੜਾ ਬਣ ਕੇ ਆਉਂਦਾ ਹੈ । (ਜਿਵੇਂ ਧੀ ਨੂੰ ਤੋਰਨ ਲੱਗੀ ਮਾਂ ਮੁੜ ਮਿਲਣ ਦੀਆਂ ਆਸਾਂ ਲਾਹ ਕੇ ਰੋ ਕੇ ਵਿਛੁੜਦੀ ਹੈ, ਤਿਵੇਂ) ਮਾਇਆ ਜੀਵ-ਇਸਤ੍ਰੀ ਦੇ ਪ੍ਰਭੂ-ਪਤੀ ਨਾਲ ਪ੍ਰੇਮ ਦੇ ਕਾਰਨ ਜੀਵ-ਇਸਤ੍ਰੀ ਨੂੰ ਆਪਣੇ ਕਾਬੂ ਵਿਚ ਰੱਖ ਸਕਣ ਦੀਆਂ ਆਸਾਂ ਲਾਹ ਕੇ (ਮਾਨੋ) ਰੋ ਕੇ ਵਿਛੁੜਦੀ ਹੈ ।

ਹੇ ਨਾਨਕ! ਜੀਵ-ਇਸਤ੍ਰੀ ਗੁਰੂ ਦੇ ਚਰਨਾਂ ਦੀ ਬਰਕਤਿ ਨਾਲ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਂਦੀ ਹੈ, ਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਹਜ਼ੂਰੀ ਵਿਚ ਆਨੰਦ ਮਾਣਦੀ ਹੈ ।੩।

ਸਤਿਗੁਰੂ ਨੇ (ਮੇਹਰ ਕਰ ਕੇ ਜੀਵ-ਇਸਤ੍ਰੀ ਮਾਇਆ ਦੇ ਪ੍ਰਭਾਵ ਤੋਂ ਇਤਨੀ) ਦੂਰ ਅਪੜਾ ਦਿੱਤੀ ਕਿ ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੀ । ਪ੍ਰਭੂ-ਪਤੀ ਦਾ ਪ੍ਰਤੱਖ ਦੀਦਾਰ ਕਰ ਕੇ ਉਹ ਪ੍ਰਸੰਨ-ਚਿੱਤ ਹੁੰਦੀ ਹੈ । ਪ੍ਰਭੂ-ਪਤੀ ਨੇ (ਜਦੋਂ) ਉਸ ਨਾਲ ਪਿਆਰ ਕੀਤਾ, ਤਾਂ ਉਸ ਦੇ ਚਰਨਾਂ ਵਿਚ ਜੁੜ ਕੇ ਉਹ ਆਪਣਾ ਆਤਮਕ ਜੀਵਨ ਸੰਵਾਰਦੀ ਹੈ ।

ਸਦਾ-ਥਿਰ ਪ੍ਰੀਤਮ ਪ੍ਰਭੂ ਨੂੰ ਉਸ ਜੀਵ-ਇਸਤ੍ਰੀ ਦੀ ਲੋੜ ਪਈ (ਭਾਵ, ਜੀਵ-ਇਸਤ੍ਰੀ ਉਸ ਦੇ ਲੇਖੇ ਵਿਚ ਆ ਗਈ) ਉਸ ਨੇ ਉਸ ਨੂੰ ਆਪਣੇ ਨਾਲ ਮਿਲਾ ਲਿਆ । (ਇਸ ਮਿਲਾਪ ਦੀ ਬਰਕਤਿ ਨਾਲ) ਉਸ ਦੀ ਮਤਿ ਉਕਾਈ-ਹੀਣ ਹੋ ਗਈ, ਉਹ ਮੰਨੀ-ਪ੍ਰਮੰਨੀ ਗਈ । ਚੰਗੇ ਭਾਗਾਂ ਨਾਲ ਉਸ ਦਾ ਮਿਲਾਪ ਹੋ ਗਿਆ, ਪ੍ਰਭੂ-ਚਰਨਾਂ ਵਿਚ ਉਸ ਦਾ ਜੀਵਨ ਸੁਖੀ ਹੋ ਗਿਆ, ਉਹ ਗੁਣਾਂ ਵਾਲੀ ਹੋ ਗਈ, ਗੁਰੂ ਦੇ ਦਿੱਤੇ ਗਿਆਨ ਵਾਲੀ ਹੋ ਗਈ ।

ਸਤ ਸੰਤੋਖ ਤੇ ਸਦਾ-ਥਿਰ ਯਾਦ ਉਸ ਦੇ ਹਿਰਦੇ ਵਿਚ ਟਿਕ ਜਾਂਦੀ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਸਦਾ ਸਿਮਰਦੀ ਹੈ, ਉਹ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ । ਹੇ ਨਾਨਕ! ਜੀਵ-ਇਸਤ੍ਰੀ (ਪ੍ਰਭੂ-ਚਰਨਾਂ ਤੋਂ) ਵਿਛੁੜ ਕੇ ਦੁੱਖ ਨਹੀਂ ਪਾਂਦੀ, ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਉਹ ਪ੍ਰਭੂ ਦੀ ਗੋਦ ਵਿਚ ਹੀ ਲੀਨ ਹੋ ਜਾਂਦੀ ਹੈ ।੪।੧।

ਰਾਗੁ ਸੂਹੀ ਮਹਲਾ ੧ ਛੰਤੁ ਘਰੁ ੨
ੴ ਸਤਿਗੁਰ ਪ੍ਰਸਾਦਿ ॥ ਹਮ ਘਰਿ ਸਾਜਨ ਆਏ ॥ ਸਾਚੈ ਮੇਲਿ ਮਿਲਾਏ ॥ ਸਹਜਿ ਮਿਲਾਏ ਹਰਿ ਮਨਿ ਭਾਏ ਪੰਚ ਮਿਲੇ ਸੁਖੁ ਪਾਇਆ ॥ ਸਾਈ ਵਸਤੁ ਪਰਾਪਤਿ ਹੋਈ ਜਿਸੁ ਸੇਤੀ ਮਨੁ ਲਾਇਆ ॥ ਅਨਦਿਨੁ ਮੇਲੁ ਭਇਆ ਮਨੁ ਮਾਨਿਆ ਘਰ ਮੰਦਰ ਸੋਹਾਏ ॥ ਪੰਚ ਸਬਦ ਧੁਨਿ ਅਨਹਦ ਵਾਜੇ ਹਮ ਘਰਿ ਸਾਜਨ ਆਏ ॥੧॥ ਆਵਹੁ ਮੀਤ ਪਿਆਰੇ ॥ ਮੰਗਲ ਗਾਵਹੁ ਨਾਰੇ ॥ ਸਚੁ ਮੰਗਲੁ ਗਾਵਹੁ ਤਾ ਪ੍ਰਭ ਭਾਵਹੁ ਸੋਹਿਲੜਾ ਜੁਗ ਚਾਰੇ ॥ ਅਪਨੈ ਘਰਿ ਆਇਆ ਥਾਨਿ ਸੁਹਾਇਆ ਕਾਰਜ ਸਬਦਿ ਸਵਾਰੇ ॥ ਗਿਆਨ ਮਹਾ ਰਸੁ ਨੇਤ੍ਰੀ ਅੰਜਨੁ ਤ੍ਰਿਭਵਣ ਰੂਪੁ ਦਿਖਾਇਆ ॥ ਸਖੀ ਮਿਲਹੁ ਰਸਿ ਮੰਗਲੁ ਗਾਵਹੁ ਹਮ ਘਰਿ ਸਾਜਨੁ ਆਇਆ ॥੨॥ ਮਨੁ ਤਨੁ ਅੰਮ੍ਰਿਤਿ ਭਿੰਨਾ ॥ ਅੰਤਰਿ ਪ੍ਰੇਮੁ ਰਤੰਨਾ ॥ ਅੰਤਰਿ ਰਤਨੁ ਪਦਾਰਥੁ ਮੇਰੈ ਪਰਮ ਤਤੁ ਵੀਚਾਰੋ ॥ ਜੰਤ ਭੇਖ ਤੂ ਸਫਲਿਓ ਦਾਤਾ ਸਿਰਿ ਸਿਰਿ ਦੇਵਣਹਾਰੋ ॥ ਤੂ ਜਾਨੁ ਗਿਆਨੀ ਅੰਤਰਜਾਮੀ ਆਪੇ ਕਾਰਣੁ ਕੀਨਾ ॥ ਸੁਨਹੁ ਸਖੀ ਮਨੁ ਮੋਹਨਿ ਮੋਹਿਆ ਤਨੁ ਮਨੁ ਅੰਮ੍ਰਿਤਿ ਭੀਨਾ ॥੩॥ ਆਤਮ ਰਾਮੁ ਸੰਸਾਰਾ ॥ ਸਾਚਾ ਖੇਲੁ ਤੁਮ੍ਾਰਾ ॥ ਸਚੁ ਖੇਲੁ ਤੁਮ੍ਾਰਾ ਅਗਮ ਅਪਾਰਾ ਤੁਧੁ ਬਿਨੁ ਕਉਣੁ ਬੁਝਾਏ ॥ ਸਿਧ ਸਾਧਿਕ ਸਿਆਣੇ ਕੇਤੇ ਤੁਝ ਬਿਨੁ ਕਵਣੁ ਕਹਾਏ ॥ ਕਾਲੁ ਬਿਕਾਲੁ ਭਏ ਦੇਵਾਨੇ ਮਨੁ ਰਾਖਿਆ ਗੁਰਿ ਠਾਏ ॥ ਨਾਨਕ ਅਵਗਣ ਸਬਦਿ ਜਲਾਏ ਗੁਣ ਸੰਗਮਿ ਪ੍ਰਭੁ ਪਾਏ ॥੪॥੧॥੨॥ {ਪੰਨਾ 764}

ਪਦ ਅਰਥ :—ਹਮ ਘਰ—ਮੇਰੇ ਹਿਰਦੇ-ਘਰ ਵਿਚ । ਸਾਜਨ ਆਏ—ਪ੍ਰਭੂ-ਮਿੱਤਰ ਜੀ ਆ ਪ੍ਰਗਟੇ ਹਨ {ਨੋਟ :—ਇਹ ਲਫ਼ਜ਼ ਆਦਰ ਦੇ ਭਾਵ ਵਿਚ 'ਬਹੁ-ਵਚਨ' ਵਿਚ ਵਰਤੇ ਗਏ ਹਨ; ਜਿਵੇਂ "ਪ੍ਰਭ ਜੀ ਬਸਹਿ ਸਾਧ ਕੀ ਰਸਨਾ"} । ਸਾਚੈ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੇ । ਮੇਲਿ—ਆਪਣੇ ਮੇਲਿ ਵਿਚ, ਆਪਣੇ ਚਰਨਾਂ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਮਨਿ—(ਮੇਰੇ) ਮਨ ਵਿਚ । ਭਾਏ—ਪਿਆਰੇ ਲੱਗ ਰਹੇ ਹਨ । ਪੰਚ—ਮੇਰੇ ਪੰਜੇ ਗਿਆਨ ਇੰਦ੍ਰੇ {ਆਪੋ ਆਪਣੇ ਵਿਸ਼ੇ ਵਲ ਦੌੜਨ ਦੇ ਥਾਂ ਪ੍ਰਭੂ-ਪਿਆਰ ਵਿਚ ਰਲ ਬੈਠੇ ਹਨ} । ਸੁਖੁ—ਆਤਮਕ ਆਨੰਦ । ਜਿਸੁ...ਲਾਇਆ—ਜਿਸ ਨਾਲ ਮਨ ਜੋੜਿਆ ਸੀ, ਜਿਸ ਦੀ ਮੇਰੇ ਅੰਦਰ ਤਾਂਘ ਪੈਦਾ ਹੋ ਰਹੀ ਸੀ । ਅਨਦਿਨੁ—ਹਰ ਰੋਜ਼ । ਘਰ ਮੰਦਰ—ਮੇਰਾ ਹਿਰਦਾ ਆਦਿਕ ਸਾਰੇ ਅੰਗ । ਪੰਚ ਸਬਦ ਧੁਨਿ—ਪੰਜ ਕਿਸਮਾਂ ਦੇ ਸਾਜਾਂ ਦੇ ਵੱਜਣ ਦੀ ਮਿਲਵੀਂ ਸੁਰ । ਅਨਹਦ—ਇਕ-ਰਸ । ਪੰਚ ਸਬਦ—{ਤਾਰ, ਚੰਮ, ਧਾਤ, ਘੜਾ, ਫੂਕ ਮਾਰਨ ਵਾਲੇ} ।

ਮੀਤ ਪਿਆਰੇ—ਹੇ ਮੇਰੇ ਪਿਆਰੇ ਮਿੱਤਰੋ! ਹੇ ਮੇਰੇ ਗਿਆਨ-ਇੰਦ੍ਰਿਓ! ਨਾਰੇ—ਹੇ ਨਾਰੀਓ! ਹੇ ਮੇਰੀ ਸਹੇਲੀਓ! ਹੇ ਮੇਰੇ ਗਿਆਨ-ਇੰਦ੍ਰਿਓ! ਮੰਗਲ—ਖ਼ੁਸ਼ੀ ਦੇ ਗੀਤ, ਉਹ ਗੀਤ ਜੋ ਮਨ ਵਿਚ ਖ਼ੁਸ਼ੀ ਪੈਦਾ ਕਰਨ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਜੋ ਮਨ ਵਿਚ ਹੁਲਾਰਾ ਪੈਦਾ ਕਰਦੇ ਹਨ । ਸਚੁ—ਸਦਾ ਕਾਇਮ ਰਹਿਣ ਵਾਲਾ । ਸਚੁ ਮੰਗਲੁ—ਅਟੱਲ ਆਤਮਕ ਆਨੰਦ ਦੇਣ ਵਾਲਾ ਸਿਫ਼ਤਿ-ਸਾਲਾਹ ਦਾ ਗੀਤ । ਤਾ—ਤਦੋਂ ਹੀ । ਭਾਵਹੁ—ਪਿਆਰੀਆਂ ਲੱਗੋਗੀਆਂ । ਸੋਹਿਲੜਾ—ਖ਼ੁਸ਼ੀ ਪੈਦਾ ਕਰਨ ਵਾਲਾ ਗੀਤ । ਜੁਗ ਚਾਰੇ—ਸਦਾ ਲਈ ਅਟੱਲ । ਅਪਨੈ ਘਰਿ—ਮੇਰੇ ਹਿਰਦੇ-ਘਰ ਵਿਚ । ਥਾਨਿ—ਹਿਰਦੇ-ਥਾਂ ਵਿਚ । ਸੁਹਾਇਆ—ਸੋਭਾ ਦੇ ਰਿਹਾ ਹੈ । ਕਾਰਜ—ਮੇਰੇ ਜੀਵਨ-ਮਨੋਰਥ । ਸਬਦਿ—ਗੁਰੂ ਦੇ ਸ਼ਬਦ ਨੇ । ਨੇਤ੍ਰੀ—ਮੇਰੀਆਂ ਅੱਖਾਂ ਵਿਚ । ਅੰਜਨੁ—ਸੁਰਮਾ । ਤ੍ਰਿਭਵਣ ਰੂਪੁ—ਤਿੰਨਾਂ ਭਵਨਾਂ ਵਿਚ ਵਿਆਪਕ ਪ੍ਰਭੂ ਦਾ ਦੀਦਾਰ । ਸਖੀ—ਹੇ ਮੇਰੀ ਸਹੇਲੀਹੋ! ਹੇ ਮੇਰੇ ਗਿਆਨ-ਇੰਦ੍ਰਿਓ! ਮਿਲਹੁ—ਆਪੋ ਆਪਣੇ ਵਿਸ਼ੇ ਵਲੋਂ ਹਟ ਕੇ ਪ੍ਰਭੂ-ਪਿਆਰ ਵਿਚ ਰਲ ਮਿਲੋ । ਰਸਿ—ਆਨੰਦ ਨਾਲ । ਸਾਜਨੁ—ਮਿੱਤਰ-ਪ੍ਰਭੂ ।੨।

ਅੰਮ੍ਰਿਤਿ—ਅੰਮ੍ਰਿਤ ਨਾਲ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ । ਭਿੰਨਾ—ਭਿੱਜਾ ਹੋਇਆ । ਅੰਤਰਿ—(ਮੇਰੇ) ਅੰਦਰ, ਮੇਰੇ ਹਿਰਦੇ ਵਿਚ । ਰਤੰਨਾ—ਰਤਨ । ਤਤੁ—{ਤÄਵ} ਠਹਏ ਸ਼ੁਪਰੲਮੲ ਭੲਨਿਗ, ਪਰਮਾਤਮਾ । ਪਰਮ ਤਤੁ—ਪਰਮਾਤਮਾ । ਵੀਚਾਰੋ—ਵੀਚਾਰੁ, ਵਿਚਾਰ । ਜੰਤ ਭੇਖ ਦਾਤਾ—ਭੇਖਾਰੀ ਜੀਵਾਂ ਦਾ ਦਾਤਾ । ਸਫਲਿਓ—ਕਾਮਯਾਬ । ਸਿਰਿ ਸਿਰਿ—ਹਰੇਕ ਦੇ ਸਿਰ ਉਤੇ । ਜਾਨੁ—ਸੁਜਾਨ, ਸਿਆਣਾ । ਆਪੇ—ਆਪ ਹੀ । ਕਾਰਣੁ—ਜਗਤ । ਮੋਹਨਿ—ਮੋਹਨ ਨੇ, ਪ੍ਰਭੂ ਨੇ {ਵੇਖੋ—"ਮੋਹਨ ਤੇਰੇ ਊਚੇ ਮੰਦਰ"—ਗਉੜੀ ਮ: ੫} ।੩।

ਆਤਮ ਰਾਮੁ—ਜਿੰਦ-ਜਾਨ । ਰਾਮੁ—{ਰਮਤੇ ਇਤਿ ਰਾਮ :} ਸਰਬ-ਵਿਆਪਕ । ਸਾਚਾ—ਸਚ-ਮੁਚ ਦੀ ਹੋਂਦ ਵਾਲਾ । ਅਗਮ—ਅਪਹੁੰਚ {ਅਗੰਯ} । ਅਪਾਰਾ—ਬੇਅੰਤ । ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਸਾਧਨ ਕਰਨ ਵਾਲੇ । ਕੇਤੇ—ਅਨੇਕਾਂ । ਕਾਲੁ—ਮੌਤ । ਬਿਕਾਲੁ—{"ਕਾਲ" ਦੇ ਉਲਟ} ਜਨਮ । ਦੇਵਾਲੇ ਭਏ—ਕਮਲੇ ਹੋ ਗਏ, ਨੱਸ ਗਏ । ਗੁਰਿ—ਗੁਰੂ ਨੇ । ਠਾਏ—ਠਾਇ, ਥਾਂ-ਸਿਰ, ਪ੍ਰਭੂ ਦੇ ਚਰਨਾਂ ਵਿਚ । ਸਬਦਿ—ਸ਼ਬਦ ਦੀ ਰਾਹੀਂ । ਸੰਗਮਿ—ਸੰਗਮ ਵਿਚ ।੪।

ਅਰਥ :—ਮੇਰੇ ਹਿਰਦੇ-ਘਰ ਵਿਚ ਮਿੱਤਰ-ਪ੍ਰਭੂ ਜੀ ਆ ਪ੍ਰਗਟੇ ਹਨ । ਸਦਾ-ਥਿਰ ਪ੍ਰਭੂ ਨੇ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ ਹੈ । ਪ੍ਰਭੂ ਜੀ ਨੇ ਮੈਨੂੰ ਆਤਮਕ ਅਡੋਲਤਾ ਵਿਚ ਟਿਕਾ ਦਿੱਤਾ ਹੈ, ਹੁਣ ਪ੍ਰਭੂ ਜੀ ਮੇਰੇ ਮਨ ਵਿਚ ਪਿਆਰੇ ਲੱਗ ਰਹੇ ਹਨ, ਮੇਰੇ ਪੰਜੇ ਗਿਆਨ-ਇੰਦ੍ਰੇ (ਆਪੋ ਆਪਣੇ ਵਿਸ਼ੇ ਵਲ ਦੌੜਨ ਦੇ ਥਾਂ ਪ੍ਰਭੂ-ਪਿਆਰ ਵਿਚ) ਇਕੱਠੇ ਹੋ ਬੈਠੇ ਹਨ, ਮੈਂ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ । ਜਿਸ ਨਾਮ-ਵਸਤੂ ਦੀ ਮੇਰੇ ਅੰਦਰ ਤਾਂਘ ਪੈਦਾ ਹੋ ਰਹੀ ਸੀ, ਉਹ ਹੁਣ ਮੈਨੂੰ ਮਿਲ ਗਈ ਹੈ । ਹੁਣ ਹਰ ਵੇਲੇ ਪ੍ਰਭੂ ਦੇ ਨਾਮ ਨਾਲ ਮੇਰਾ ਮਿਲਾਪ ਬਣਿਆ ਰਹਿੰਦਾ ਹੈ, ਮੇਰਾ ਮਨ (ਉਸ ਨਾਮ ਨਾਲ) ਗਿੱਝ ਗਿਆ ਹੈ, ਮੇਰਾ ਹਿਰਦਾ ਤੇ ਗਿਆਨ-ਇੰਦ੍ਰੇ ਸੁਹਾਵਣੇ ਹੋ ਗਏ ਹਨ । ਮੇਰੇ ਹਿਰਦੇ-ਘਰ ਵਿਚ ਸੱਜਣ-ਪ੍ਰਭੂ ਜੀ ਆ ਪ੍ਰਗਟੇ ਹਨ (ਹੁਣ ਮੇਰੇ ਅੰਦਰ ਅਜੇਹਾ ਆਨੰਦ ਬਣਿਆ ਪਿਆ ਹੈ, ਮਾਨੋ) ਪੰਜ ਕਿਸਮਾਂ ਦੇ ਸਾਜ ਲਗਾਤਾਰ ਮਿਲਵੀਂ ਸੁਰ ਵਿਚ (ਮੇਰੇ ਅੰਦਰ) ਵੱਜ ਰਹੇ ਹਨ ।੧।

ਹੇ ਮੇਰੇ ਗਿਆਨ-ਇੰਦ੍ਰਿਓ! ਹੇ ਮੇਰੀ ਸਹੇਲੀਓ! ਆਓ, ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਵੋ ਜੋ ਮਨ ਵਿਚ ਹੁਲਾਰਾ ਪੈਦਾ ਕਰਦੇ ਹਨ । ਉਹ ਗੀਤ ਗਾਵੋ ਜੋ ਅਟੱਲ ਆਤਮਕ ਆਨੰਦ ਪੈਦਾ ਕਰਦਾ ਹੈ, ਸਿਫ਼ਤਿ-ਸਾਲਾਹ ਦਾ ਉਹ ਗੀਤ ਗਾਵੋ ਜੋ ਚਹੁ ਜੁਗਾਂ ਵਿਚ ਆਤਮਕ ਹੁਲਾਰਾ ਦੇਈ ਰੱਖਦਾ ਹੈ, ਤਦੋਂ ਹੀ ਤੁਸੀ ਪ੍ਰਭੂ ਨੂੰ ਚੰਗੀਆਂ ਲੱਗੋਗੀਆਂ ।

(ਹੇ ਸਹੇਲੀਓ! ਮੇਰੇ ਹਿਰਦੇ ਨੂੰ ਆਪਣਾ ਘਰ ਬਣਾ ਕੇ ਸੱਜਣ-ਪ੍ਰਭੂ) ਆਪਣੇ ਘਰ ਵਿਚ ਆਇਆ ਹੈ, ਮੇਰੇ ਹਿਰਦੇ-ਥਾਂ ਵਿਚ ਬੈਠਾ ਸੋਭਾ ਦੇ ਰਿਹਾ ਹੈ, ਗੁਰੂ ਦੇ ਸ਼ਬਦ ਨੇ ਮੇਰੇ ਜੀਵਨ-ਮਨੋਰਥ ਸਵਾਰ ਦਿੱਤੇ ਹਨ ।

ਉੱਚੇ ਤੋਂ ਉੱਚਾ ਆਤਮਕ ਆਨੰਦ ਦੇਣ ਵਾਲਾ ਸਤਿਗੁਰੂ ਦੇ ਬਖ਼ਸ਼ੇ ਗਿਆਨ ਦਾ ਸੁਰਮਾ ਮੈਨੂੰ ਅੱਖਾਂ ਵਿਚ ਪਾਣ ਲਈ ਮਿਲਿਆ ਹੈ (ਉਸ ਦੀ ਬਰਕਤਿ ਨਾਲ ਗੁਰੂ ਨੇ) ਮੈਨੂੰ ਤਿੰਨਾਂ ਭਵਨਾਂ ਵਿਚ ਵਿਆਪਕ ਪ੍ਰਭੂ ਦਾ ਦਰਸਨ ਕਰਾ ਦਿੱਤਾ ਹੈ ।

ਹੇ ਸਹੇਲੀਓ! ਪ੍ਰਭੂ ਚਰਨਾਂ ਵਿਚ ਜੁੜੋ ਤੇ ਆਨੰਦ ਨਾਲ ਸਿਫ਼ਤਿ-ਸਾਲਾਹ ਦਾ ਉਹ ਗੀਤ ਗਾਵੋ ਜੋ ਆਤਮਕ ਹੁਲਾਰਾ ਪੈਦਾ ਕਰਦਾ ਹੈ, ਮੇਰੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਆ ਪ੍ਰਗਟਿਆ ਹੈ ।੨।

(ਹੇ ਸਹੇਲੀਹੋ!) ਮੇਰਾ ਮਨ ਤੇ ਸਰੀਰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜ ਗਿਆ ਹੈ, ਮੇਰੇ ਹਿਰਦੇ ਵਿਚ ਪ੍ਰੇਮ-ਰਤਨ ਪੈਦਾ ਹੋ ਪਿਆ ਹੈ । ਮੇਰੇ ਹਿਰਦੇ ਵਿਚ ਪਰਮਾਤਮਾ ਦੇ ਗੁਣਾਂ ਦੀ ਵਿਚਾਰ (ਦਾ ਇਕ ਐਸਾ) ਸੋਹਣਾ ਰਤਨ ਪੈਦਾ ਹੋ ਪਿਆ ਹੈ (ਜਿਸ ਦੀ ਬਰਕਤਿ ਨਾਲ ਮੈਂ ਉਸ ਦੇ ਦਰ ਤੇ ਇਉਂ ਅਰਦਾਸਿ ਕਰਦੀ ਹਾਂ—ਹੇ ਪ੍ਰਭੂ! ਸਾਰੇ ਜੀਵ ਤੇਰੇ ਦਰ ਦੇ ਭਿਖਾਰੀ ਹਨ) ਤੂੰ ਭਿਖਾਰੀ ਜੀਵਾਂ ਦਾ ਕਾਮਯਾਬ ਦਾਤਾ ਹੈਂ, ਤੂੰ ਹਰੇਕ ਜੀਵ ਦੇ ਸਿਰ ਉਤੇ (ਰਾਖਾ ਤੇ) ਦਾਤਾਰ ਹੈਂ । ਤੂੰ ਸਿਆਣਾ ਹੈਂ, ਗਿਆਨ-ਵਾਨ ਹੈਂ, ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਆਪ ਹੀ ਇਹ (ਸਾਰਾ) ਜਗਤ ਰਚਿਆ ਹੈ (ਤੇ ਆਪ ਹੀ ਹਰੇਕ ਦੀਆਂ ਲੋੜਾਂ ਪੂਰੀਆਂ ਕਰਨੀਆਂ ਜਾਣਦਾ ਹੈਂ ਤੇ ਪੂਰੀਆਂ ਕਰਦਾ ਹੈਂ) ।

ਹੇ ਸਹੇਲੀਓ! (ਮੇਰਾ ਹਾਲ ਸੁਣੋ) ਮੋਹਨ-ਪ੍ਰਭੂ ਨੇ ਮੇਰਾ ਮਨ ਆਪਣੇ ਪ੍ਰੇਮ ਦੇ ਵੱਸ ਵਿਚ ਕਰ ਲਿਆ ਹੈ, ਮੇਰਾ ਮਨ ਮੇਰਾ ਤਨ ਉਸ ਦੇ ਨਾਮ-ਅੰਮ੍ਰਿਤ ਨਾਲ ਭਿੱਜਾ ਪਿਆ ਹੈ ।੩।

ਹੇ ਪ੍ਰਭੂ! ਤੂੰ ਸੰਸਾਰ ਦੀ ਜਿੰਦ-ਜਾਨ ਹੈਂ, ਇਹ ਸੰਸਾਰ ਤੇਰੀ ਸਚ-ਮੁਚ ਦੀ ਰਚੀ ਹੋਈ ਖੇਡ ਹੈ (ਭਾਵ, ਹੈ ਤਾਂ ਇਹ ਸੰਸਾਰ ਇਕ ਖੇਡ ਹੀ, ਹੈ ਤਾਂ ਨਾਸਵੰਤ, ਪਰ ਮਨ ਦਾ ਭਰਮ ਨਹੀਂ, ਸਚ-ਮੁਚ ਮੌਜੂਦ ਹੈ) ।

ਹੇ ਅਪਹੁੰਚ ਤੇ ਬੇਅੰਤ ਪ੍ਰਭੂ! ਇਹ ਸੰਸਾਰ ਤੇਰੀ ਸਚ-ਮੁਚ ਦੀ ਰਚੀ ਹੋਈ ਇਕ ਖੇਡ ਹੈ (ਇਹ ਅਸਲੀਅਤ) ਤੈਥੋਂ ਬਿਨਾ ਕੋਈ ਸਮਝਾ ਨਹੀਂ ਸਕਦਾ । (ਇਹ ਸੰਸਾਰ ਵਿਚ) ਅਨੇਕਾਂ ਹੀ ਪੁੱਗੇ ਹੋਏ ਜੋਗੀ ਅਨੇਕਾਂ ਹੀ ਸਾਧਨਾਂ ਕਰਨ ਵਾਲੇ ਤੇ ਅਨੇਕਾਂ ਹੀ ਸਿਆਣੇ ਹੁੰਦੇ ਆਏ ਹਨ (ਤੇਰੀ ਹੀ ਮੇਹਰ ਨਾਲ ਇਸ ਮਰਾਤਬੇ ਤੇ ਪਹੁੰਚਦੇ ਹਨ) ਤੈਥੋਂ ਬਿਨਾ ਹੋਰ ਕੋਈ ਤੇਰਾ ਸਿਮਰਨ ਨਹੀਂ ਕਰਾ ਸਕਦਾ । (ਤੇਰੀ ਹੀ ਮੇਹਰ ਨਾਲ) ਗੁਰੂ ਨੇ ਜਿਸ ਦਾ ਮਨ ਤੇਰੇ ਚਰਨਾਂ ਵਿਚ ਜੋੜਿਆ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਗਿਆ ।

ਹੇ ਨਾਨਕ! (ਪ੍ਰਭੂ ਦੀ ਮੇਹਰ ਦਾ ਸਦਕਾ) ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਔਗੁਣ ਸਾੜ ਲਏ, ਉਸ ਨੇ ਗੁਣਾਂ ਦੇ ਮਿਲਾਪ ਨਾਲ ਪ੍ਰਭੂ ਨੂੰ ਲੱਭ ਲਿਆ ।੪।੧।੨।

ਨੋਟ :—ਛੰਦ ਦੇ ਬੰਦ ੪ ਹਨ । 'ਘਰੁ ੨' ਦਾ ਇਹ ਪਹਿਲਾ ਛੰਦ ਹੈ । ਕੁੱਲ ਜੋੜ ੨ ਹੈ ।

ਰਾਗੁ ਸੂਹੀ ਮਹਲਾ ੧ ਘਰੁ ੩

ੴ ਸਤਿਗੁਰ ਪ੍ਰਸਾਦਿ ॥ ਆਵਹੁ ਸਜਣਾ ਹਉ ਦੇਖਾ ਦਰਸਨੁ ਤੇਰਾ ਰਾਮ ॥ ਘਰਿ ਆਪਨੜੈ ਖੜੀ ਤਕਾ ਮੈ ਮਨਿ ਚਾਉ ਘਨੇਰਾ ਰਾਮ ॥ ਮਨਿ ਚਾਉ ਘਨੇਰਾ ਸੁਣਿ ਪ੍ਰਭ ਮੇਰਾ ਮੈ ਤੇਰਾ ਭਰਵਾਸਾ ॥ ਦਰਸਨੁ ਦੇਖਿ ਭਈ ਨਿਹਕੇਵਲ ਜਨਮ ਮਰਣ ਦੁਖੁ ਨਾਸਾ ॥ ਸਗਲੀ ਜੋਤਿ ਜਾਤਾ ਤੂ ਸੋਈ ਮਿਲਿਆ ਭਾਇ ਸੁਭਾਏ ॥ ਨਾਨਕ ਸਾਜਨ ਕਉ ਬਲਿ ਜਾਈਐ ਸਾਚਿ ਮਿਲੇ ਘਰਿ ਆਏ ॥੧॥ ਘਰਿ ਆਇਅੜੇ ਸਾਜਨਾ ਤਾ ਧਨ ਖਰੀ ਸਰਸੀ ਰਾਮ ॥ ਹਰਿ ਮੋਹਿਅੜੀ ਸਾਚ ਸਬਦਿ ਠਾਕੁਰ ਦੇਖਿ ਰਹੰਸੀ ਰਾਮ ॥ ਗੁਣ ਸੰਗਿ ਰਹੰਸੀ ਖਰੀ ਸਰਸੀ ਜਾ ਰਾਵੀ ਰੰਗਿ ਰਾਤੈ ॥ ਅਵਗਣ ਮਾਰਿ ਗੁਣੀ ਘਰੁ ਛਾਇਆ ਪੂਰੈ ਪੁਰਖਿ ਬਿਧਾਤੈ ॥ ਤਸਕਰ ਮਾਰਿ ਵਸੀ ਪੰਚਾਇਣਿ ਅਦਲੁ ਕਰੇ ਵੀਚਾਰੇ ॥ ਨਾਨਕ ਰਾਮ ਨਾਮਿ ਨਿਸਤਾਰਾ ਗੁਰਮਤਿ ਮਿਲਹਿ ਪਿਆਰੇ ॥੨॥ ਵਰੁ ਪਾਇਅੜਾ ਬਾਲੜੀਏ ਆਸਾ ਮਨਸਾ ਪੂਰੀ ਰਾਮ ॥ ਪਿਰਿ ਰਾਵਿਅੜੀ ਸਬਦਿ ਰਲੀ ਰਵਿ ਰਹਿਆ ਨਹ ਦੂਰੀ ਰਾਮ ॥ ਪ੍ਰਭੁ ਦੂਰਿ ਨ ਹੋਈ ਘਟਿ ਘਟਿ ਸੋਈ ਤਿਸ ਕੀ ਨਾਰਿ ਸਬਾਈ ॥ ਆਪੇ ਰਸੀਆ ਆਪੇ ਰਾਵੇ ਜਿਉ ਤਿਸ ਦੀ ਵਡਿਆਈ ॥ ਅਮਰ ਅਡੋਲੁ ਅਮੋਲੁ ਅਪਾਰਾ ਗੁਰਿ ਪੂਰੈ ਸਚੁ ਪਾਈਐ ॥ ਨਾਨਕ ਆਪੇ ਜੋਗ ਸਜੋਗੀ ਨਦਰਿ ਕਰੇ ਲਿਵ ਲਾਈਐ ॥੩॥ ਪਿਰੁ ਉਚੜੀਐ ਮਾੜੜੀਐ ਤਿਹੁ ਲੋਆ ਸਿਰਤਾਜਾ ਰਾਮ ॥ ਹਉ ਬਿਸਮ ਭਈ ਦੇਖਿ ਗੁਣਾ ਅਨਹਦ ਸਬਦ ਅਗਾਜਾ ਰਾਮ ॥ ਸਬਦੁ ਵੀਚਾਰੀ

ਕਰਣੀ ਸਾਰੀ ਰਾਮ ਨਾਮੁ ਨੀਸਾਣੋ ॥ ਨਾਮ ਬਿਨਾ ਖੋਟੇ ਨਹੀ ਠਾਹਰ ਨਾਮੁ ਰਤਨੁ ਪਰਵਾਣੋ ॥ ਪਤਿ ਮਤਿ ਪੂਰੀ ਪੂਰਾ ਪਰਵਾਨਾ ਨਾ ਆਵੈ ਨਾ ਜਾਸੀ ॥ ਨਾਨਕ ਗੁਰਮੁਖਿ ਆਪੁ ਪਛਾਣੈ ਪ੍ਰਭ ਜੈਸੇ ਅਵਿਨਾਸੀ ॥੪॥੧॥੩॥ {ਪੰਨਾ ੭੬੪-੭੬੫}

ਪਦ ਅਰਥ :—ਆਵਹੁ—ਆਓ । ਸਜਣਾ—ਹੇ ਸੱਜਣ-ਪ੍ਰਭੂ ! ਹਉ—ਮੈਂ । ਦੇਖਾ—ਦੇਖਾਂ, ਮੈਂ ਵੇਖਾਂ । ਘਰਿ—ਹਿਰਦੇ-ਘਰ ਵਿਚ, ਅੰਤਰ-ਆਤਮੇ । ਖੜੀ ਤਕਾ—ਖਲੋਤੀ ਉਡੀਕ ਰਹੀ ਹਾਂ । ਮੈ ਮਨਿ—ਮੇਰੇ ਮਨ ਵਿਚ । ਘਨੇਰਾ—ਬਹੁਤ । ਪ੍ਰਭ ਮੇਰਾ—ਹੇ ਮੇਰੇ ਪ੍ਰਭੂ ! ਮੈ—ਮੈਨੂੰ । ਨਿਹਕੇਵਲ—ਪਵਿਤ੍ਰ, ਨਿਰਲੇਪ । ਜਾਤਾ—ਪਛਾਣਿਆ । ਤੂ ਸੋਈ—ਤੈਨੂੰ ਹੀ । ਭਾਇ—ਪ੍ਰੇਮ ਦੀ ਰਾਹੀਂ । ਭਾਉ—ਪ੍ਰੇਮ । ਸਾਚਿ—ਸਦਾ-ਥਿਰ ਨਾਮ ਵਿਚ ਜੁੜਿਆਂ । ਘਰਿ—ਹਿਰਦੇ ਵਿਚ । ਆਏ—ਆਇ, ਆ ਕੇ ।੧।

ਘਰਿ—ਘਰ ਵਿਚ, ਹਿਰਦੇ ਵਿਚ । ਆਇਅੜੇ ਸਾਜਨਾ—ਪਿਆਰੇ ਸੱਜਣ ਜੀ ਆਏ, ਪਿਆਰੇ ਸੱਜਣ-ਪ੍ਰਭੂ ਜੀ ਪ੍ਰਗਟ ਹੋਏ । ਤਾ—ਤਦੋਂ । ਧਨ—ਜੀਵ-ਇਸਤ੍ਰੀ । ਖਰੀ—ਬਹੁਤ । ਸਰਸੀ—ਸ-ਰਸੀ, ਖ਼ੁਸ਼, ਪ੍ਰਸੰਨ । ਹਰਿ ਮੋਹਿਅੜੀ ਸਾਚ ਸਬਦਿ—ਸਾਚ ਹਰਿ ਸਬਦਿ ਮੋਹਿਅੜੀ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਨੇ ਖਿੱਚ ਪਾਈ । ਰਹੰਸੀ—ਇਕਾਗਰ-ਚਿਤ, ਅਡੋਲ-ਚਿਤ । ਸੰਗਿ—ਨਾਲ । ਜਾ—ਜਦੋਂ । ਰਾਵੀ—ਮਾਣਿਆ, ਆਪਣੇ ਨਾਲ ਜੋੜ ਲਿਆ । ਰੰਗਿ ਰਾਤੈ—ਪ੍ਰੇਮ ਵਿਚ ਰੱਤੇ ਪ੍ਰਭੂ ਨੇ । ਮਾਰਿ—ਮਾਰ ਕੇ । ਗੁਣੀ—ਗੁਣਾਂ ਨਾਲ । ਘਰੁ—ਹਿਰਦਾ । ਛਾਇਆ—ਢੱਕ ਦਿੱਤਾ, ਭਰਪੂਰ ਕਰ ਦਿੱਤਾ । ਪੁਰਖਿ—ਪੁਰਖ ਨੇ । ਬਿਧਾਤੈ—ਵਿਧਾਤੇ ਨੇ, ਸਿਰਜਣਹਾਰ ਨੇ । ਤਸਕਰ—ਕਾਮਾਦਿਕ ਚੋਰ । ਪੰਚਾਇਣਿ—ਪੰਚਾਇਣ ਵਿਚ । ਪੰਚਾਇਣੁ—{ਪੰਚ—ਅਯਨ । ਪੰਚ—ਸਾਧ ਸੰਗਤਿ । ਅਯਨ—ਘਰ} ਸਾਧ ਸੰਗਤਿ ਜਿਸ ਦਾ ਘਰ ਹੈ, ਜੋ ਸਾਧ ਸੰਗਤਿ ਵਿਚ ਵੱਸਦਾ ਹੈ, ਪਰਮਾਤਮਾ । ਵੀਚਾਰੇ—ਵੀਚਾਰਿ, ਪੂਰੀ ਵਿਚਾਰ ਨਾਲ । ਅਦਲੁ—ਨਿਆਂ । ਨਿਸਤਾਰਾ—ਪਾਰ-ਉਤਾਰਾ । ਮਿਲਹਿ ਪਿਆਰੇ—ਪਿਆਰੇ ਪ੍ਰਭੂ ਜੀ ਮਿਲ ਪੈਂਦੇ ਹਨ ।੨।

ਵਰੁ—ਖਸਮ-ਪ੍ਰਭੂ । ਪਾਇਅੜਾ—ਲੱਭ ਲਿਆ । ਬਾਲੜੀਏ—ਜਿਸ ਜੀਵ-ਇਸਤ੍ਰੀ ਨੇ । ਮਨਸਾ—ਇੱਛਾ {ਮਨੀ—ੑ} । ਪਿਰਿ—ਪਿਰ ਨੇ, ਖਸਮ ਨੇ । ਰਾਵਿਅੜੀ—ਆਪਣੇ ਚਰਨਾਂ ਵਿਚ ਜੋੜ ਲਈ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਰਵਿ ਰਹਿਆ—ਸਭ ਥਾਈਂ ਵਿਆਪਕ (ਦਿੱਸਦਾ ਹੈ) । ਘਟਿ ਘਟਿ—ਹਰੇਕ ਘਟ ਵਿਚ । ਸਬਾਈ ਨਾਰਿ—ਸਾਰੀਆਂ ਜੀਵ-ਇਸਤ੍ਰੀਆਂ ।

ਰਸੀਆ—ਆਨੰਦ ਦਾ ਮਾਲਕ, ਆਨੰਦ ਦਾ ਸੋਮਾ । ਵਡਿਆਈ—ਰਜ਼ਾ । ਗੁਰਿ—ਗੁਰੂ ਦੀ ਰਾਹੀਂ । ਸਚੁ—ਸਦਾ-ਥਿਰ ਰਹਿਣ ਵਾਲਾ । ਜੋਗ ਸਜੋਗੀ—ਮਿਲਾਪ ਦਾ ਢੋ ਢੁਕਾਣ ਵਾਲਾ, ਜੋਗ ਦਾ ਸੰਜੋਗ ਬਣਾਣ ਵਾਲਾ ।੩।

ਪਿਰੁ—ਖਸਮ-ਪ੍ਰਭੂ । ਉਚੜੀ—ਸੋਹਣੀ ਉੱਚੀ । ਉਚੜੀਐ—ਸੋਹਣੀ ਉੱਚੀ ਵਿਚ । ਮਾੜੀ—ਮਹਲ । ਮਾੜਤੀ—ਸੋਹਣਾ ਮਹਲ । ਮਾੜਤੀਐ—ਸੋਹਣੇ ਮਹਲ ਵਿਚ । ਤਿਹੁ ਲੋਆ—ਤਿੰਨਾਂ ਲੋਕਾਂ ਦਾ । ਸਿਰਤਾਜਾ—ਸਿਰ ਦਾ ਤਾਜ, ਖਸਮ । ਹਉ—ਮੈਂ । ਬਿਖਮ—ਹੈਰਾਨ । ਅਨਹਦ—ਇਕ-ਰਸ, ਬਿਨਾ ਵਜਾਏ ਵੱਜਣ ਵਾਲਾ । ਸਬਦ—ਨਾਦ, ਜੀਵਨ-ਰੌ । ਅਗਾਜਾ—ਚੌਹੀਂ ਪਾਸੀਂ ਗੱਜਦਾ । ਵੀਚਾਰੀ—ਵਿਚਾਰਨ ਵਾਲਾ । ਕਰਣੀ—ਆਚਰਨ । ਸਾਰੀ—ਸ੍ਰੇਸ਼ਟ । ਨੀਸਾਣੋ—ਨੀਸਾਣੁ, ਪਰਵਾਨਾ, ਰਾਹਦਾਰੀ । ਠਾਹਰ—ਥਾਂ, ਟਿਕਾਣਾ । ਪਰਵਾਣੋ—ਪਰਵਾਣੁ, ਕਬੂਲ । ਪਤਿ—ਇੱਜ਼ਤ । ਪੂਰੀ—ਜਿਸ ਵਿਚ ਕੋਈ ਉਕਾਈ ਨਾਹ ਹੋਵੇ । ਪਰਵਾਨਾ—ਹੁਕਮ । ਆਪੁ—ਆਪਣੇ ਆਪ ਨੂੰ, ਆਪਣੇ ਜੀਵਨ ਨੂੰ ।੪।

ਅਰਥ :—ਹੇ ਸੱਜਣ-ਪ੍ਰਭੂ ! ਆ, ਮੈਂ ਤੇਰਾ ਦਰਸਨ ਕਰ ਸਕਾਂ । (ਹੇ ਸੱਜਣ !) ਮੈਂ ਆਪਣੇ ਹਿਰਦੇ ਵਿਚ ਪੂਰੀ ਸਾਵਧਾਨਤਾ ਨਾਲ ਤੇਰੀ ਉਡੀਕ ਕਰ ਰਹੀ ਹਾਂ, ਮੇਰੇ ਮਨ ਵਿਚ ਬੜਾ ਹੀ ਚਾਉ ਹੈ (ਕਿ ਮੈਨੂੰ ਤੇਰਾ ਦਰਸਨ ਹੋਵੇ) । ਹੇ ਮੇਰੇ ਪ੍ਰਭੂ ! (ਮੇਰੀ ਬੇਨਤੀ) ਸੁਣ, ਮੇਰੇ ਮਨ ਵਿਚ (ਤੇਰੇ ਦਰਸਨ ਲਈ) ਬੜਾ ਹੀ ਚਾਉ ਹੈ, ਮੈਨੂੰ ਆਸਰਾ ਭੀ ਤੇਰਾ ਹੀ ਹੈ ।

(ਹੇ ਪ੍ਰਭੂ !) ਜਿਸ ਜੀਵ-ਇਸਤ੍ਰੀ ਨੇ ਤੇਰਾ ਦਰਸਨ ਕਰ ਲਿਆ, ਉਹ ਪਵਿੱਤ੍ਰ-ਆਤਮਾ ਹੋ ਗਈ, ਉਸ ਦਾ ਜਨਮ ਮਰਨ ਦਾ ਦੁੱਖ ਦੂਰ ਹੋ ਗਿਆ । ਉਸ ਨੇ ਸਾਰੇ ਜੀਵਾਂ ਵਿਚ ਤੈਨੂੰ ਹੀ ਵੱਸਦਾ ਪਛਾਣ ਲਿਆ, ਉਸ ਦੇ ਪ੍ਰੇਮ (ਦੀ ਖਿੱਚ) ਦੀ ਰਾਹੀਂ ਤੂੰ ਉਸ ਨੂੰ ਮਿਲ ਪਿਆ ।

ਹੇ ਨਾਨਕ ! ਸੱਜਣ ਪ੍ਰਭੂ ਤੋਂ ਸਦਕੇ ਹੋਣਾ ਚਾਹੀਦਾ ਹੈ । ਜੇਹੜੀ ਜੀਵ-ਇਸਤ੍ਰੀ ਉਸ ਦੇ ਸਦਾ-ਥਿਰ ਨਾਮ ਵਿਚ ਜੁੜਦੀ ਹੈ, ਉਸ ਦੇ ਹਿਰਦੇ ਵਿਚ ਉਹ ਆ ਪ੍ਰਗਟਦਾ ਹੈ ।੧।

ਜਦੋਂ ਸੱਜਣ-ਪ੍ਰਭੂ ਜੀ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਪਰਗਟਦੇ ਹਨ, ਤਾਂ ਜੀਵ-ਇਸਤ੍ਰੀ ਬਹੁਤ ਪ੍ਰਸੰਨ-ਚਿੱਤ ਹੋ ਜਾਂਦੀ ਹੈ । ਜਦੋਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਸ਼ਬਦ ਨੇ ਉਸ ਨੂੰ ਖਿੱਚ ਪਾਈ, ਤਾਂ ਠਾਕੁਰ ਜੀ ਦਾ ਦਰਸਨ ਕਰ ਕੇ ਉਹ ਅਡੋਲ-ਚਿੱਤ ਹੋ ਗਈ ।

ਜਦੋਂ ਪ੍ਰੇਮ-ਰੰਗ ਵਿਚ ਰੱਤੇ ਪਰਮਾਤਮਾ ਨੇ ਜੀਵ-ਇਸਤ੍ਰੀ ਨੂੰ ਆਪਣੇ ਚਰਨਾਂ ਵਿਚ ਜੋੜਿਆ ਤਾਂ ਉਹ ਪ੍ਰਭੂ ਦੇ ਗੁਣਾਂ (ਦੀ ਯਾਦ) ਵਿਚ ਅਡੋਲ-ਆਤਮਾ ਹੋ ਗਈ ਤੇ ਬਹੁਤ ਪ੍ਰਸੰਨ-ਚਿੱਤ ਹੋ ਗਈ । ਪੂਰਨ ਪੁਰਖ ਨੇ ਸਿਰਜਣਹਾਰ ਨੇ (ਉਸ ਦੇ ਅੰਦਰੋਂ) ਔਗੁਣ ਦੂਰ ਕਰ ਕੇ ਉਸ ਦੇ ਹਿਰਦੇ ਨੂੰ ਗੁਣਾਂ ਨਾਲ ਭਰਪੂਰ ਕਰ ਦਿੱਤਾ ਕਾਮਾਦਿਕ ਚੋਰਾਂ ਨੂੰ ਮਾਰ ਕੇ ਉਹ ਜੀਵ-ਇਸਤ੍ਰੀ ਉਸ ਪਰਮਾਤਮਾ (ਦੇ ਚਰਨਾਂ) ਵਿਚ ਟਿਕ ਗਈ ਜੋ ਸਦਾ ਪੂਰੀ ਵਿਚਾਰ ਨਾਲ ਨਿਆਂ ਕਰਦਾ ਹੈ ।

ਹੇ ਨਾਨਕ ! ਪਰਮਾਤਮਾ ਦੇ ਨਾਮ ਵਿਚ ਜੁੜਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਗੁਰੂ ਦੀ ਸਿੱਖਿਆ ਤੇ ਤੁਰਿਆਂ ਪਿਆਰੇ ਪ੍ਰਭੂ ਜੀ ਮਿਲ ਪੈਂਦੇ ਹਨ ।੨।

ਜਿਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਲੱਭ ਲਿਆ, ਉਸ ਦੀ ਹਰੇਕ ਆਸ ਉਸ ਦੀ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ (ਭਾਵ, ਉਸ ਦਾ ਮਨ ਦੁਨੀਆ ਦੀਆਂ ਆਸਾਂ ਆਦਿਕ ਵਲ ਨਹੀਂ ਦੌੜਦਾ ਭੱਜਦਾ) । ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਆਪਣੇ ਚਰਨਾਂ ਵਿਚ ਜੋੜ ਲਿਆ, ਜੋ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪ੍ਰਭੂ ਵਿਚ ਲੀਨ ਹੋ ਗਈ, ਉਸ ਨੂੰ ਪ੍ਰਭੂ ਹਰ ਥਾਂ ਵਿਆਪਕ ਦਿੱਸਦਾ ਹੈ, ਉਸ ਨੂੰ ਆਪਣੇ ਤੋਂ ਦੂਰ ਨਹੀਂ ਜਾਪਦਾ । ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ ਪ੍ਰਭੂ ਕਿਤੇ ਦੂਰ ਨਹੀਂ ਹਰੇਕ ਸਰੀਰ ਵਿਚ ਉਹੀ ਮੌਜੂਦ ਹੈ, ਸਾਰੀਆਂ ਜੀਵ-ਇਸਤ੍ਰੀਆਂ ਉਸੇ ਦੀਆਂ ਹੀ ਹਨ । ਉਹ ਆਪ ਹੀ ਆਨੰਦ ਦਾ

ਸੋਮਾ ਹੈ, ਜਿਵੇਂ ਉਸ ਦੀ ਰਜ਼ਾ ਹੁੰਦੀ ਹੈ ਉਹ ਆਪ ਹੀ ਆਪਣੇ ਮਿਲਾਪ ਦਾ ਆਨੰਦ ਦੇਂਦਾ ਹੈ । ਉਹ ਪਰਮਾਤਮਾ ਮੌਤ-ਰਹਿਤ ਹੈ, ਮਾਇਆ ਵਿਚ ਡੋਲਦਾ ਨਹੀਂ ਉਸ ਦਾ ਮੁੱਲ ਨਹੀਂ ਪੈ ਸਕਦਾ (ਭਾਵ, ਕੋਈ ਪਦਾਰਥ ਉਸ ਦੇ ਬਰਾਬਰ ਦਾ ਨਹੀਂ) ਉਹ ਸਦਾ-ਥਿਰ ਰਹਿਣ ਵਾਲਾ ਹੈ, ਉਹ ਬੇਅੰਤ ਹੈ, ਪੂਰੇ ਗੁਰੂ ਦੀ ਰਾਹੀਂ ਉਸ ਦੀ ਪ੍ਰਾਪਤੀ ਹੁੰਦੀ ਹੈ ।

ਹੇ ਨਾਨਕ! ਪ੍ਰਭੂ ਆਪ ਹੀ ਜੀਵਾਂ ਦੇ ਆਪਣੇ ਨਾਲ ਮੇਲ ਦੇ ਢੋ ਢੁਕਾਂਦਾ ਹੈ, ਜਦੋਂ ਉਹ ਮੇਹਰ ਦੀ ਨਜ਼ਰ ਕਰਦਾ ਹੈ, ਤਦੋਂ ਜੀਵ ਉਸ ਵਿਚ ਸੁਰਤਿ ਜੋੜਦਾ ਹੈ ।੩।

ਪ੍ਰਭੂ-ਪਤੀ ਇਕ ਸੋਹਣੇ ਉੱਚੇ ਮਹਲ ਵਿਚ ਵੱਸਦਾ ਹੈ (ਜਿੱਥੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ) ਉਹ ਤਿੰਨਾਂ ਲੋਕਾਂ ਦਾ ਨਾਥ ਹੈ । ਉਸ ਦੇ ਗੁਣ ਵੇਖ ਕੇ ਮੈਂ ਹੈਰਾਨ ਹੋ ਰਹੀ ਹਾਂ । ਚੌਹੀਂ ਪਾਸੀਂ (ਸਾਰੇ ਸੰਸਾਰ ਵਿਚ) ਉਸ ਦੀ ਜੀਵਨ-ਰੌ ਇਕ-ਰਸ ਰੁਮਕ ਰਹੀ ਹੈ ।

ਜੇਹੜਾ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਨੂੰ ਵਿਚਾਰਦਾ ਹੈ (ਭਾਵ, ਆਪਣੇ ਮਨ ਵਿਚ ਵਸਾਂਦਾ ਹੈ) ਜਿਸ ਨੇ ਇਹ ਸ੍ਰੇਸ਼ਟ ਕਰਤੱਬ ਬਣਾ ਲਿਆ ਹੈ, ਜਿਸ ਦੇ ਪਾਸ ਪਰਮਾਤਮਾ ਦਾ ਨਾਮ (ਰੂਪ) ਰਾਹਦਾਰੀ ਹੈ (ਉਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦੀ ਹੈ, ਪਰ) ਨਾਮ-ਹੀਣੇ ਖੋਟੇ ਮਨੁੱਖ ਨੂੰ (ਉਸ ਦੀ ਦਰਗਾਹ ਵਿਚ) ਥਾਂ ਨਹੀਂ ਮਿਲਦੀ । (ਪ੍ਰਭੂ ਦੇ ਦਰ ਤੇ) ਪ੍ਰਭੂ ਦਾ ਨਾਮ-ਰਤਨ ਹੀ ਕਬੂਲ ਹੁੰਦਾ ਹੈ ।

ਜਿਸ ਮਨੁੱਖ ਦੇ ਪਾਸ (ਪ੍ਰਭੂ-ਨਾਮ ਦਾ) ਅ-ਰੁਕ ਪਰਵਾਨਾ ਹੈ, ਉਸ ਨੂੰ (ਪ੍ਰਭੂ-ਦਰ ਤੇ) ਪੂਰੀ ਇੱਜ਼ਤ ਮਿਲਦੀ ਹੈ ਉਸ ਦੀ ਅਕਲ ਉਕਾਈ-ਹੀਣ ਹੋ ਜਾਂਦੀ ਹੈ, ਉਹ ਜਨਮ ਮਰਨ ਦੇ ਗੇੜ ਤੋਂ ਬਚ ਜਾਂਦਾ ਹੈ ।

ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜੋ ਮਨੁੱਖ ਆਪਣੇ ਜੀਵਨ ਨੂੰ ਪੜਤਾਲਦਾ ਹੈ, ਉਹ ਅਬਿਨਾਸੀ ਪ੍ਰਭੂ ਦਾ ਰੂਪ ਹੋ ਜਾਂਦਾ ਹੈ ।੪।੧।੩।

ਰਾਗੁ ਸੂਹੀ ਛੰਤ ਮਹਲਾ ੧ ਘਰੁ ੪ ॥
ੴ ਸਤਿਗੁਰ ਪ੍ਰਸਾਦਿ ॥ ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ ॥ ਦਾਨਿ ਤੇਰੈ ਘਟਿ ਚਾਨਣਾ ਤਨਿ ਚੰਦੁ ਦੀਪਾਇਆ ॥ ਚੰਦੋ ਦੀਪਾਇਆ ਦਾਨਿ ਹਰਿ ਕੈ ਦੁਖੁ ਅੰਧੇਰਾ ਉਠਿ ਗਇਆ ॥ ਗੁਣ ਜੰਞ ਲਾੜੇ ਨਾਲਿ ਸੋਹੈ ਪਰਖਿ ਮੋਹਣੀਐ ਲਇਆ ॥ ਵੀਵਾਹੁ ਹੋਆ ਸੋਭ ਸੇਤੀ ਪੰਚ ਸਬਦੀ ਆਇਆ ॥ ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ ॥੧॥ ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ ॥ ਇਹੁ ਤਨੁ ਜਿਨ ਸਿਉ ਗਾਡਿਆ ਮਨੁ ਲੀਅੜਾ ਦੀਤਾ ॥ ਲੀਆ ਤ ਦੀਆ ਮਾਨੁ ਜਿਨ੍ ਸਿਉ ਸੇ ਸਜਨ ਕਿਉ ਵੀਸਰਹਿ ॥ ਜਿਨ੍ ਦਿਸਿ ਆਇਆ ਹੋਹਿ ਰਲੀਆ ਜੀਅ ਸੇਤੀ ਗਹਿ ਰਹਹਿ ॥ ਸਗਲ ਗੁਣ ਅਵਗਣੁ ਨ ਕੋਈ ਹੋਹਿ ਨੀਤਾ ਨੀਤਾ ॥ ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ ॥੨॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥ ਜੇ ਗੁਣ ਹੋਵਨ੍ਹਿ ਸਾਜਨਾ ਮਿਲਿ ਸਾਝ ਕਰੀਜੈ ॥ ਸਾਝ ਕਰੀਜੈ ਗੁਣਹ ਕੇਰੀ ਛੋਡਿ ਅਵਗਣ ਚਲੀਐ ॥ ਪਹਿਰੇ ਪਟੰਬਰ ਕਰਿ ਅਡੰਬਰ ਆਪਣਾ ਪਿੜੁ ਮਲੀਐ ॥ ਜਿਥੈ ਜਾਇ ਬਹੀਐ ਭਲਾ ਕਹੀਐ ਝੋਲਿ ਅੰਮ੍ਰਿਤੁ ਪੀਜੈ ॥ ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ ॥੩॥ ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ ॥ ਆਖਣ ਤਾ ਕਉ ਜਾਈਐ ਜੇ ਭੂਲੜਾ ਹੋਈ ॥ ਜੇ ਹੋਇ ਭੂਲਾ ਜਾਇ ਕਹੀਐ ਆਪਿ ਕਰਤਾ ਕਿਉ ਭੁਲੈ ॥ ਸੁਣੇ ਦੇਖੇ ਬਾਝੁ ਕਹਿਐ ਦਾਨੁ ਅਣਮੰਗਿਆ ਦਿਵੈ ॥ ਦਾਨੁ ਦੇਇ ਦਾਤਾ ਜਗਿ ਬਿਧਾਤਾ ਨਾਨਕਾ ਸਚੁ ਸੋਈ ॥ ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ ॥੪॥੧॥੪॥ {ਪੰਨਾ ੭੬੫-੭੬੬}

ਪਦ ਅਰਥ :—ਜਿਨਿ—ਜਿਸ ਨੇ, (ਹੇ ਪ੍ਰਭੂ!) ਜਿਸ ਤੈਂ ਨੇ । ਕੀਆ—ਪੈਦਾ ਕੀਤਾ ਹੈ । ਤਿਨਿ—ਉਸ ਨੇ (ਹੇ ਪ੍ਰਭੂ!) ਉਸ ਤੈਂ ਨੇ ਹੀ । ਦੇਖਿਆ—ਸੰਭਾਲ ਕੀਤੀ ਹੋਈ ਹੈ । ਧੰਧੜੈ—ਮਾਇਆ ਦੀ ਦੌੜ-ਭੱਜ ਵਿਚ । ਦਾਨਿ ਤੇਰੈ—ਤੇਰੀ ਬਖ਼ਸ਼ਸ਼ ਨਾਲ । ਘਟਿ—ਜੀਵ ਦੇ ਹਿਰਦੇ ਵਿਚ । ਤਨਿ—ਸਰੀਰ ਵਿਚ । ਚੰਦੁ ਦੀਪਾਇਆ—ਚੰਦ ਚਮਕ ਰਿਹਾ ਹੈ, ਸੀਤਲਤਾ ਹੁਲਾਰੇ ਦੇ ਰਹੀ ਹੈ । ਦਾਨਿ ਹਰਿ ਕੈ—ਪਰਮਾਤਮਾ ਦੀ ਬਖ਼ਸ਼ਸ਼ ਨਾਲ । ਸੋਹੈ—ਸੋਭਦੀ ਹੈ । ਪਰਖਿ—ਪਰਖ ਕੇ । ਮੋਹਣੀ—ਮਨ ਨੂੰ ਮੋਹ ਲੈਣ ਵਾਲੀ, ਸੁੰਦਰ ਇਸਤ੍ਰੀ, ਉਹ ਜੀਵ-ਇਸਤ੍ਰੀ ਜਿਸ ਨੇ ਆਪਣਾ ਜੀਵਨ ਸੁੰਦਰ ਬਣਾ ਲਿਆ ਹੈ । ਮੋਹਣੀਐ—ਸੁੰਦਰ ਜੀਵ-ਇਸਤ੍ਰੀ ਨੇ । ਸੇਤੀ—ਨਾਲ । ਸੋਭ—ਸੋਭਾ । ਵੀਵਾਹੁ—ਜੀਵ-ਇਸਤ੍ਰੀ ਦਾ ਪ੍ਰਭੂ ਨਾਲ ਮਿਲਾਪ । ਪੰਚ ਸਬਦ—ਪੰਜ ਕਿਸਮਾਂ ਦੇ ਸਾਜਾਂ ਦੇ ਵੱਜਣ ਦੀਆਂ ਆਵਾਜ਼ਾਂ । ਪੰਚ ਸਬਦ ਧੁਨਿ—ਪੰਚ ਕਿਸਮਾਂ ਦੇ ਸਾਜਾਂ ਦੇ ਵੱਜਣ ਤੋਂ ਪੈਦਾ ਹੋਈ ਮਿਲਵੀਂ ਸੁਰ, ਇਕ-ਰਸ ਆਨੰਦ । ਪੰਚ ਸਬਦੀ—ਇਕ-ਰਸ ਆਨੰਦ ਦਾ ਦੇਣ ਵਾਲਾ ਪ੍ਰਭੂ । ਆਇਆ—ਹਿਰਦੇ ਵਿਚ ਪਰਗਟ ਹੋਇਆ ।੧।

ਹਉ—ਮੈਂ । ਅਵਰੀਤਾ—{ਅਵ੍ਰਤ} ਜਿਨ੍ਹਾਂ ਉਤੇ ਮਾਇਆ ਦਾ ਪਰਦਾ ਨਹੀਂ ਪਿਆ । ਜਿਨ ਸਿਉ ਗਾਡਿਆ—ਜਿਨ੍ਹਾਂ ਨਾਲ ਮਿਲਾਇਆ ਹੈ । ਤਨੁ—ਸਰੀਰ । ਮਨੁ ਲੀਅੜਾ ਦੀਤਾ—ਜਿਨ੍ਹਾਂ ਦਾ ਮਨ ਲਿਆ ਹੈ ਤੇ ਜਿਨ੍ਹਾਂ ਨੂੰ ਆਪਣਾ ਮਨ ਦਿੱਤਾ ਹੈ, ਜਿਨ੍ਹਾਂ ਨਾਲ ਦਿਲ ਦੀ ਸਾਂਝ ਪਾਈ ਹੈ । ਮਾਨੁ—ਮਨ । ਵੀਸਰਹਿ—ਭੁੱਲ ਜਾਣ । ਦਿਸਿ ਆਇਆ—ਦੀਦਾਰ ਕੀਤਿਆਂ । ਹੋਹਿ ਰਲੀਆ—ਆਤਮਕ ਖ਼ੁਸ਼ੀਆਂ ਪੈਦਾ ਹੁੰਦੀਆਂ ਹਨ । ਜੀਅ ਸੇਤੀ—ਜਿੰਦ ਨਾਲ । ਗਹਿ ਰਹਹਿ—ਫੜ ਰੱਖਦੇ ਹਨ, ਲਾ ਰੱਖਦੇ ਹਨ । ਸਗਲ—ਸਾਰੇ । ਨੀਤਾ ਨੀਤਾ—ਨਿੱਤ ਹੀ ਨਿੱਤ, ਸਦਾ ਹੀ ।੨।

ਵਾਸ—{ਵਾਸੁ—ਟੋ ਮਓਕਏ ਡਰਓਗਰਓਨਟ ਸੁਗੰਧਿਤ ਕਰਨਾ} ਸੁਗੰਧੀ, ਖ਼ੁਸ਼ਬੂ । ਵਾਸੁਲਾ—ਸੁਗੰਧੀ ਦੇਣ ਵਾਲੀਆਂ ਚੀਜ਼ਾਂ ਦਾ ਡੱਬਾ । ਕਢਿ—ਕੱਢ ਕੇ । ਲਈਜੈ—ਲੈਣੀ ਚਾਹੀਦੀ ਹੈ । ਸਾਜਨਾ ਮਿਲਿ—ਗੁਰਮੁਖਾਂ ਨਾਲ ਮਿਲ ਕੇ । ਸਾਝ—ਗੁਣਾਂ ਦੀ ਸਾਂਝ । ਕਰੀਜੈ—ਕਰਨੀ ਚਾਹੀਦੀ ਹੈ । ਗੁਣਹ ਕੇਰੀ—ਗੁਣਾਂ ਦੀ । ਕੇਰੀ—ਦੀ । ਛੋਡਿ—ਤਿਆਗ ਕੇ । ਚਲੀਐ—ਜੀਵਨ-ਸਫ਼ਰ ਵਿਚ ਤੁਰਨਾ ਚਾਹੀਦਾ ਹੈ । ਪਹਿਰੇ—ਪਹਿਰਿ, ਪਹਿਨ ਕੇ । ਪਟੰਬਰ—{ਪਟ-ਅੰਬਰ} ਰੇਸ਼ਮ ਦੇ ਕੱਪੜੇ, ਕੋਮਲਤਾ ਤੇ ਪ੍ਰੇਮ ਦਾ ਵਰਤਾਵ । ਅਡੰਬਰ—ਹਾਰ-ਸਿੰਗਾਰ, ਸੋਹਣੇ ਉੱਦਮ । ਮਲੀਐ—ਮੱਲ ਲੈਣਾ ਚਾਹੀਦਾ ਹੈ, ਮੱਲਿਆ ਜਾ ਸਕਦਾ ਹੈ । ਆਪਣਾ ਪਿੜੁ ਮਲੀਐ—ਦੁਨੀਆ ਦੇ ਵਿਕਾਰਾਂ ਦੇ ਟਾਕਰੇ ਤੇ ਪਿੜ ਮੱਲਿਆ ਜਾ ਸਕਦਾ ਹੈ, ਵਿਕਾਰਾਂ ਦੇ ਟਾਕਰੇ ਤੇ ਕੁਸ਼ਤੀ ਜਿੱਤੀ ਜਾ ਸਕਦੀ ਹੈ {ਨੋਟ :—ਜਗਤ ਵਿਚ ਜੀਵ, ਮਾਨੋ, ਪਹਿਲਵਾਨ ਹੈ । ਕਾਮਾਦਿਕ ਵਿਕਾਰਾਂ ਨਾਲ ਇਸ ਦੀ ਕੁਸ਼ਤੀ ਹੋ ਰਹੀ ਹੈ । ਜੇਹੜਾ ਹਾਰ ਜਾਂਦਾ ਹੈ ਉਹ ਪਿੜ ਵਿਚੋਂ ਭੱਜ ਜਾਂਦਾ ਹੈ} । ਪਿੜ—ਉਹ ਥਾਂ ਜਿੱਥੇ ਕੁਸ਼ਤੀਆਂ ਹੁੰਦੀਆਂ ਹਨ, ਘੋਲ ਹੁੰਦੇ ਹਨ । ਕਹੀਐ—ਕਹਿਣਾ ਚਾਹੀਦਾ ਹੈ । ਝੋਲਿ—ਹਿਲਾ ਕੇ, ਨਿਤਾਰ ਕੇ,

ਵਿਕਾਰਾਂ ਦੇ ਬੂਰ ਆਦਿਕ ਨੂੰ ਪਰੇ ਹਟਾ ਕੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਪੀਜੈ—ਪੀਣਾ ਚਾਹੀਦਾ ਹੈ ।੩।

ਕਿਸੁ ਆਖੀਐ—ਹੋਰ ਕਿਸੇ ਅੱਗੇ ਗਿਲਾ ਨਹੀਂ ਕੀਤਾ ਜਾ ਸਕਦਾ । ਤਾ ਕਉ—ਉਸ (ਪਰਮਾਤਮਾ) ਨੂੰ । ਜਾਇ—ਜਾ ਕੇ । ਕਿਉ ਭੁਲੈ—ਨਹੀਂ ਭੁੱਲ ਸਕਦਾ । ਬਾਝੁ ਕਹਿਐ—(ਜੀਵਾਂ ਦੇ) ਆਖਣ ਤੋਂ ਬਿਨਾ ਹੀ । ਦਿਵੈ—ਦੇਂਦਾ ਹੈ, ਦੇਵੈ । ਦੇਇ—ਦੇਂਦਾ ਹੈ । ਜਗਿ—ਜਗਤ ਵਿਚ (ਸਭ ਜੀਵਾਂ ਨੂੰ) । ਬਿਧਾਤਾ—ਸਿਰਜਣਹਾਰ । ਸਚੁ—ਸਦਾ-ਥਿਰ ਰਹਿਣ ਵਾਲਾ ।੪।

ਅਰਥ :—ਜਿਸ ਪ੍ਰਭੂ ਨੇ ਇਹ ਜਗਤ ਪੈਦਾ ਕੀਤਾ ਹੈ ਉਸੇ ਨੇ ਇਸ ਦੀ ਸੰਭਾਲ ਕੀਤੀ ਹੋਈ ਹੈ, ਉਸੇ ਨੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ ।

(ਪਰ ਹੇ ਪ੍ਰਭੂ !) ਤੇਰੀ ਬਖ਼ਸ਼ਸ਼ ਨਾਲ (ਕਿਸੇ ਸੁਭਾਗ) ਹਿਰਦੇ ਵਿਚ ਤੇਰੀ ਜੋਤਿ ਦਾ ਚਾਨਣ ਹੁੰਦਾ ਹੈ, (ਕਿਸੇ ਸੁਭਾਗ) ਸਰੀਰ ਵਿਚ ਚੰਦ ਚਮਕਦਾ ਹੈ (ਤੇਰੇ ਨਾਮ ਦੀ ਸੀਤਲਤਾ ਹੁਲਾਰੇ ਦੇਂਦੀ ਹੈ) ।

ਪ੍ਰਭੂ ਦੀ ਬਖ਼ਸ਼ਸ਼ ਨਾਲ ਜਿਸ ਹਿਰਦੇ ਵਿਚ (ਪ੍ਰਭੂ-ਨਾਮ ਦੀ) ਸੀਤਲਤਾ ਲਿਸ਼ਕ ਮਾਰਦੀ ਹੈ ਉਸ ਹਿਰਦੇ ਵਿਚੋਂ (ਅਗਿਆਨਤਾ ਦਾ) ਹਨੇਰਾ ਤੇ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ । ਜਿਵੇਂ ਜੰਞ ਲਾੜੇ ਨਾਲ ਹੀ ਸੋਹਣੀ ਲੱਗਦੀ ਹੈ, ਤਿਵੇਂ ਜੀਵ-ਇਸਤ੍ਰੀ ਦੇ ਗੁਣ ਤਦੋਂ ਹੀ ਸੋਭਦੇ ਹਨ ਜੇ ਪ੍ਰਭੂ-ਪਤੀ ਹਿਰਦੇ ਵਿਚ ਵੱਸਦਾ ਹੋਵੇ । ਜਿਸ ਜੀਵ-ਇਸਤ੍ਰੀ ਨੇ ਆਪਣੇ ਜੀਵਨ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਸੁੰਦਰ ਬਣਾ ਲਿਆ ਹੈ, ਉਸ ਨੇ ਇਸ ਦੀ ਕਦਰ ਸਮਝ ਕੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ । ਉਸ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ, (ਲੋਕ ਪਰਲੋਕ ਵਿਚ) ਉਸ ਨੂੰ ਸੋਭਾ ਭੀ ਮਿਲਦੀ ਹੈ, ਇਕ-ਰਸ ਆਤਮਕ ਆਨੰਦ ਦਾ ਦਾਤਾ ਪ੍ਰਭੂ ਉਸ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ ।

ਜਿਸ ਪ੍ਰਭੂ ਨੇ ਇਹ ਜਗਤ ਪੈਦਾ ਕੀਤਾ ਹੈ ਉਹੀ ਇਸ ਦੀ ਸੰਭਾਲ ਕਰਦਾ ਹੈ, ਉਸ ਨੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ ।੧।

ਮੈਂ ਉਹਨਾਂ ਸੱਜਣਾਂ ਮਿੱਤਰਾਂ ਤੋਂ ਸਦਕੇ ਹਾਂ ਜਿਨ੍ਹਾਂ ਉਤੇ ਮਾਇਆ ਦਾ ਪਰਦਾ ਨਹੀਂ ਪਿਆ ਜਿਨ੍ਹਾਂ ਦੀ ਸੰਗਤਿ ਕਰ ਕੇ ਮੈਂ ਉਹਨਾਂ ਨਾਲ ਦਿਲੀ ਸਾਂਝ ਪਾਈ ਹੈ । ਜਿਨ੍ਹਾਂ ਗੁਰਮੁਖਾਂ ਨਾਲ ਦਿਲੀ ਸਾਂਝ ਪੈ ਸਕੇ ਉਹ ਸੱਜਣ ਕਦੇ ਭੀ ਭੁੱਲਣੇ ਨਹੀਂ ਚਾਹੀਦੇ । ਉਹਨਾਂ ਦਾ ਦਰਸਨ ਕੀਤਿਆਂ ਆਤਮਕ ਖ਼ੁਸ਼ੀਆਂ ਪੈਦਾ ਹੁੰਦੀਆਂ ਹਨ, ਉਹ ਸੱਜਣ (ਆਪਣੇ ਸਤਸੰਗੀਆਂ ਨੂੰ ਆਪਣੀ) ਜਾਨ ਨਾਲ ਲਾ ਰੱਖਦੇ ਹਨ (ਜਿੰਦ ਤੋਂ ਪਿਆਰਾ ਸਮਝਦੇ ਹਨ) । ਉਹਨਾਂ ਵਿਚ ਸਾਰੇ ਗੁਣ ਹੀ ਗੁਣ ਹੁੰਦੇ ਹਨ, ਔਗੁਣ ਉਹਨਾਂ ਦੇ ਨੇੜੇ ਨਹੀਂ ਢੁਕਦੇ ।

ਮੈਂ ਸਦਕੇ ਹਾਂ ਉਹਨਾਂ ਸੱਜਣਾਂ ਮਿੱਤਰਾਂ ਤੋਂ ਜਿਨ੍ਹਾਂ ਉਤੇ ਮਾਇਆ ਦਾ ਪ੍ਰਭਾਵ ਨਹੀਂ ਪਿਆ ।੨।

(ਜੇ ਕਿਸੇ ਮਨੁੱਖ ਪਾਸ ਸੁਗੰਧੀ ਦੇਣ ਵਾਲੀਆਂ ਚੀਜ਼ਾਂ ਨਾਲ ਭਰਿਆ ਡੱਬਾ ਹੋਵੇ, ਉਸ ਡੱਬੇ ਦਾ ਲਾਭ ਉਸ ਨੂੰ ਤਦੋਂ ਹੀ ਹੈ ਜੇ ਉਹ ਡੱਬਾ ਖੋਹਲ ਕੇ ਉਹ ਸੁਗੰਧੀ ਲਏ । ਗੁਰਮੁਖਾਂ ਦੀ ਸੰਗਤਿ ਗੁਣਾਂ ਦਾ ਡੱਬਾ ਹੈ) ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ, ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ । (ਹੇ ਭਾਈ !) ਜੇ ਤੂੰ ਚਾਹੁੰਦਾ ਹੈਂ ਕਿ ਤੇਰੇ ਅੰਦਰ ਗੁਣ ਪੈਦਾ ਹੋਣ, ਤਾਂ ਗੁਰਮੁਖਾਂ ਨੂੰ ਮਿਲ ਕੇ ਉਹਨਾਂ ਨਾਲ ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ । (ਗੁਰਮੁਖਾਂ ਨਾਲ) ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ, ਇਸ ਤਰ੍ਹਾਂ (ਅੰਦਰੋਂ) ਔਗੁਣ ਤਿਆਗ ਕੇ ਜੀਵਨ-ਰਾਹ ਤੇ ਤੁਰ ਸਕੀਦਾ ਹੈ, ਸਭ ਨਾਲ ਪ੍ਰੇਮ ਵਾਲਾ ਵਰਤਾਵ ਕਰ ਕੇ ਤੇ ਭਲਾਈ ਦੇ ਸੋਹਣੇ ਉੱਦਮ ਕਰ ਕੇ ਵਿਕਾਰਾਂ ਦੇ ਟਾਕਰੇ ਤੇ ਜੀਵਨ-ਘੋਲ ਜਿੱਤਿਆ ਜਾ ਸਕਦਾ ਹੈ ।

(ਗੁਰਮੁਖਾਂ ਦੀ ਸੰਗਤਿ ਦੀ ਬਰਕਤਿ ਨਾਲ ਫਿਰ) ਜਿੱਥੇ ਭੀ ਜਾ ਕੇ ਬੈਠੀਏ ਭਲਾਈ ਦੀ ਗੱਲ ਹੀ ਕੀਤੀ ਜਾ ਸਕਦੀ ਹੈ, ਤੇ ਮੰਦੇ ਪਾਸੇ ਵਲੋਂ ਹਟ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਜਾ ਸਕਦਾ ਹੈ ।

(ਹੇ ਭਾਈ !) ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ ।੩।

(ਜਗਤ ਵਿਚ ਅਨੇਕਾਂ ਜੀਵ ਗੁਣ ਵਿਹਾਝ ਰਹੇ ਹਨ, ਅਨੇਕਾਂ ਹੀ ਔਗੁਣ ਕਮਾ ਰਹੇ ਹਨ । ਇਹ ਪਰਮਾਤਮਾ ਦੀ ਆਪਣੀ ਹੀ ਰਚੀ ਖੇਡ ਹੈ) ਪਰਮਾਤਮਾ ਆਪ ਹੀ (ਇਹ ਸਭ ਕੁਝ) ਕਰ ਰਿਹਾ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ ਕਰ ਸਕਦਾ, (ਤਾਹੀਏਂ) ਕਿਸੇ ਹੋਰ ਦੇ ਪਾਸ (ਇਸ ਦੇ ਸੰਬੰਧ ਵਿਚ) ਕੋਈ ਗਿਲਾ ਆਦਿਕ ਨਹੀਂ ਕੀਤਾ ਜਾ ਸਕਦਾ । (ਫਿਰ ਜੋ ਕੁਝ ਉਹ ਪ੍ਰਭੂ ਕਰਦਾ ਹੈ ਠੀਕ ਕਰਦਾ ਹੈ) ਉਹ ਖੁੰਝਿਆ ਹੋਇਆ ਨਹੀਂ ਹੈ, ਇਸ ਵਾਸਤੇ (ਕਿਸੇ ਖੁੰਝਾਈ ਬਾਰੇ) ਉਸ ਨੂੰ ਕੁਝ ਆਖਣ ਜਾਣ ਦੀ ਲੋੜ ਹੀ ਨਹੀਂ ਪੈਂਦੀ । ਜੇ ਉਹ ਖੁੰਝਿਆ ਹੋਇਆ ਹੋਵੇ ਤਾਂ ਜਾ ਕੇ ਕੁਝ ਆਖੀਏ ਭੀ, ਪਰ ਆਪ ਕਰਤਾਰ ਕੋਈ ਭੁੱਲ ਨਹੀਂ ਕਰ ਸਕਦਾ । ਉਹ ਸਭ ਜੀਵਾਂ ਦੀਆਂ ਅਰਦਾਸਾਂ ਸੁਣਦਾ ਹੈ ਉਹ ਸਭ ਜੀਵਾਂ ਦੇ ਕੀਤੇ ਕੰਮ ਵੇਖਦਾ ਹੈ, ਮੰਗਣ ਤੋਂ ਬਿਨਾ ਹੀ ਸਭ ਨੂੰ ਦਾਨ ਦੇਂਦਾ ਹੈ । ਉਹ ਦਾਤਾਰ ਜਗਤ ਵਿਚ ਹਰੇਕ ਜੀਵ ਨੂੰ ਦਾਨ ਦੇਂਦਾ ਹੈ । ਹੇ ਨਾਨਕ ! ਉਹ ਸਿਰਜਣਹਾਰ ਹੀ ਸਦਾ-ਥਿਰ ਰਹਿਣ ਵਾਲਾ ਹੈ । ਉਹ ਸਭ ਕੁਝ ਆਪ ਹੀ ਕਰਦਾ ਹੈ, ਕੋਈ ਹੋਰ (ਉਸ ਤੋਂ ਆਕੀ ਹੋ ਕੇ) ਕੁਝ ਨਹੀਂ ਕਰ ਸਕਦਾ । ਕਿਸੇ ਹੋਰ ਦੇ ਪਾਸ ਜਾ ਕੇ ਕੋਈ ਗਿਲਾ ਨਹੀਂ ਕੀਤਾ ਜਾ ਸਕਦਾ ।੪।੧।੪।

ਸੂਹੀ ਮਹਲਾ ੧ ॥ ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ ॥ ਗੁਰ ਕੀ ਪਉੜੀ ਸਾਚ ਕੀ ਸਾਚਾ ਸੁਖੁ ਹੋਈ ॥ ਸੁਖਿ ਸਹਜਿ ਆਵੈ ਸਾਚ ਭਾਵੈ ਸਾਚ ਕੀ ਮਤਿ ਕਿਉ ਟਲੈ ॥ ਇਸਨਾਨੁ ਦਾਨੁ ਸੁਗਿਆਨੁ ਮਜਨੁ ਆਪਿ ਅਛਲਿਓ ਕਿਉ ਛਲੈ ॥ ਪਰਪੰਚ ਮੋਹ ਬਿਕਾਰ ਥਾਕੇ ਕੂੜੁ ਕਪਟੁ ਨ ਦੋਈ ॥ ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ ॥੧॥ ਸਾਹਿਬੁ ਸੋ ਸਾਲਾਹੀਐ ਜਿਨਿ ਕਾਰਣੁ ਕੀਆ ॥ ਮੈਲੁ ਲਾਗੀ ਮਨਿ ਮੈਲਿਐ ਕਿਨੈ ਅੰਮ੍ਰਿਤੁ ਪੀਆ ॥ ਮਥਿ ਅੰਮ੍ਰਿਤੁ ਪੀਆ ਇਹੁ ਮਨੁ ਦੀਆ ਗੁਰ ਪਹਿ ਮੋਲੁ ਕਰਾਇਆ ॥ ਆਪਨੜਾ ਪ੍ਰਭੁ ਸਹਜਿ ਪਛਾਤਾ ਜਾ ਮਨੁ ਸਾਚੈ ਲਾਇਆ ॥ ਤਿਸੁ ਨਾਲਿ ਗੁਣ ਗਾਵਾ ਜੇ ਤਿਸੁ ਭਾਵਾ ਕਿਉ ਮਿਲੈ ਹੋਇ ਪਰਾਇਆ ॥ ਸਾਹਿਬੁ ਸੋ ਸਾਲਾਹੀਐ ਜਿਨਿ ਜਗਤੁ ਉਪਾਇਆ ॥੨॥ ਆਇ ਗਇਆ ਕੀ ਨ ਆਇਓ ਕਿਉ ਆਵੈ ਜਾਤਾ ॥ ਪ੍ਰੀਤਮ ਸਿਉ ਮਨੁ

ਮਾਨਿਆ ਹਰਿ ਸੇਤੀ ਰਾਤਾ ॥ ਸਾਹਿਬ ਰੰਗਿ ਰਾਤਾ ਸਚ ਕੀ ਬਾਤਾ ਜਿਨਿ ਬਿੰਬ ਕਾ ਕੋਟੁ ਉਸਾਰਿਆ ॥ ਪੰਚ ਭੂ ਨਾਇਕੋ ਆਪਿ ਸਿਰੰਦਾ ਜਿਨਿ ਸਚ ਕਾ ਪਿੰਡੁ ਸਵਾਰਿਆ ॥ ਹਮ ਅਵਗਣਿਆਰੇ ਤੂ ਸੁਣਿ ਪਿਆਰੇ ਤੁਧੁ ਭਾਵੈ ਸਚੁ ਸੋਈ ॥ ਆਵਣ ਜਾਣਾ ਨਾ ਥੀਐ ਸਾਚੀ ਮਤਿ ਹੋਈ ॥੩॥ ਅੰਜਨੁ ਤੈਸਾ ਅੰਜੀਐ ਜੈਸਾ ਪਿਰ ਭਾਵੈ ॥ ਸਮਝੈ ਸੂਝੈ ਜਾਣੀਐ ਜੇ ਆਪਿ ਜਾਣਾਵੈ ॥ ਆਪਿ ਜਾਣਾਵੈ ਮਾਰਗਿ ਪਾਵੈ ਆਪੇ ਮਨੂਆ ਲੇਵਏ ॥ ਕਰਮ ਸੁਕਰਮ ਕਰਾਏ ਆਪੇ ਕੀਮਤਿ ਕਉਣ ਅਭੇਵਏ ॥ ਤੰਤੁ ਮੰਤੁ ਪਾਖੰਡੁ ਨ ਜਾਣਾ ਰਾਮੁ ਰਿਦੈ ਮਨੁ ਮਾਨਿਆ ॥ ਅੰਜਨੁ ਨਾਮੁ ਤਿਸੈ ਤੇ ਸੂਝੈ ਗੁਰਸਬਦੀ ਸਚੁ ਜਾਨਿਆ ॥੪॥ ਸਾਜਨ ਹੋਵਨਿ ਆਪਣੇ ਕਿਉ ਪਰ ਘਰ ਜਾਹੀ ॥ ਸਾਜਨ ਰਾਤੇ ਸਚ ਕੇ ਸੰਗੇ ਮਨ ਮਾਹੀ ॥ ਮਨ ਮਾਹਿ ਸਾਜਨ ਕਰਹਿ ਰਲੀਆ ਕਰਮ ਧਰਮ ਸਬਾਇਆ ॥ ਅਠਸਠਿ ਤੀਰਥ ਪੁੰਨ ਪੂਜਾ ਨਾਮੁ ਸਾਚਾ ਭਾਇਆ ॥ ਆਪਿ ਸਾਜੇ ਥਾਪਿ ਵੇਖੈ ਤਿਸੈ ਭਾਣਾ ਭਾਇਆ ॥ ਸਾਜਨ ਰਾਂਗਿ ਰੰਗੀਲੜੇ ਰੰਗੁ ਲਾਲੁ ਬਣਾਇਆ ॥੫॥ ਅੰਧਾ ਆਗੂ ਜੇ ਥੀਐ ਕਿਉ ਪਾਧਰੁ ਜਾਣੈ ॥ ਆਪਿ ਮੁਸੈ ਮਤਿ ਹੋਛੀਐ ਕਿਉ ਰਾਹੁ ਪਛਾਣੈ ॥ ਕਿਉ ਰਾਹਿ ਜਾਵੈ ਮਹਲੁ ਪਾਵੈ ਅੰਧ ਕੀ ਮਤਿ ਅੰਧਲੀ ॥ ਵਿਣੁ ਨਾਮ ਹਰਿ ਕੇ ਕਛੁ ਨ ਸੂਝੈ ਅੰਧੁ ਬੂਡੌ ਧੰਧਲੀ ॥ ਦਿਨੁ ਰਾਤਿ ਚਾਨਣੁ ਚਾਉ ਉਪਜੈ ਸਬਦੁ ਗੁਰ ਕਾ ਮਨਿ ਵਸੈ ॥ ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਰਾਹੁ ਪਾਧਰੁ ਗੁਰੁ ਦਸੈ ॥੬॥ ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ ॥ ਕਿਸੁ ਪਹਿ ਖੋਲ੍ਉ ਗੰਠੜੀ ਦੂਖੀ ਭਰਿ ਆਇਆ ॥ ਦੂਖੀ ਭਰਿ ਆਇਆ ਜਗਤੁ ਸਬਾਇਆ ਕਉਣੁ ਜਾਣੈ ਬਿਧਿ ਮੇਰੀਆ ॥ ਆਵਣੇ ਜਾਵਣੇ ਖਰੇ ਡਰਾਵਣੇ ਤੋਟਿ ਨ ਆਵੈ ਫੇਰੀਆ ॥ ਨਾਮ ਵਿਹੂਣੇ ਊਣੇ ਝੂਣੇ ਨਾ ਗੁਰਿ ਸਬਦੁ ਸੁਣਾਇਆ ॥ ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ ॥੭॥ ਗੁਰ ਮਹਲੀ ਘਰਿ ਆਪਣੈ ਸੋ ਭਰਪੁਰਿ ਲੀਣਾ ॥ ਸੇਵਕੁ ਸੇਵਾ ਤਾਂ ਕਰੇ ਸਚ ਸਬਦਿ ਪਤੀਣਾ ॥ ਸਬਦੇ ਪਤੀਜੈ ਅੰਕੁ ਭੀਜੈ ਸੁ ਮਹਲੁ ਮਹਲਾ ਅੰਤਰੇ ॥ ਆਪਿ ਕਰਤਾ ਕਰੇ ਸੋਈ ਪ੍ਰਭੁ ਆਪਿ ਅੰਤਿ ਨਿਰੰਤਰੇ ॥ ਗੁਰ ਸਬਦਿ ਮੇਲਾ ਤਾਂ ਸੁਹੇਲਾ ਬਾਜੰਤ ਅਨਹਦ ਬੀਣਾ ॥ ਗੁਰ ਮਹਲੀ ਘਰਿ ਆਪਣੈ ਸੋ ਭਰਿਪੁਰਿ ਲੀਣਾ ॥੮॥ ਕੀਤਾ ਕਿਆ ਸਾਲਾਹੀਐ ਕਰਿ ਵੇਖੈ ਸੋਈ ॥ ਤਾ ਕੀ ਕੀਮਤਿ ਨ ਪਵੈ ਜੇ ਲੋਚੈ ਕੋਈ ॥ ਕੀਮਤਿ ਸੋ ਪਾਵੈ ਆਪਿ ਜਾਣਾਵੈ ਆਪਿ ਅਭੁਲੁ ਨ ਭੁਲਏ ॥ ਜੈ ਜੈਕਾਰੁ ਕਰਹਿ ਤੁਧੁ ਭਾਵਹਿ ਗੁਰ ਕੈ ਸਬਦਿ ਅਮੁਲਏ ॥ ਹੀਣਉ ਨੀਚੁ ਕਰਉ ਬੇਨੰਤੀ ਸਾਚੁ ਨ ਛੋਡਉ ਭਾਈ ॥ ਨਾਨਕ ਜਿਨਿ ਕਰਿ ਦੇਖਿਆ ਦੇਵੈ ਮਤਿ ਸਾਈ ॥੯॥੨॥੫॥ {ਪੰਨਾ 766-767}

ਪਦ ਅਰਥ :—ਰਾਤਾ—{ਰੱ} ਰੰਗਿਆ ਹੋਇਆ । ਰਵੈ—ਚੇਤੇ ਕਰਦਾ ਹੈ, ਸਿਮਰਦਾ ਹੈ । ਮਨਿ—ਮਨ ਵਿਚ । ਸੋਈ—ਉਹੀ, ਉਹ ਪ੍ਰਭੂ ਹੀ । ਪਉੜੀ ਸਾਚ ਕੀ—ਸਦਾ-ਥਿਰ ਪ੍ਰਭੂ ਤਕ ਅਪੜਾਨ ਵਾਲੀ ਪੌੜੀ । ਸਾਚਾ—ਸਦਾ-ਥਿਰ ਰਹਿਣ ਵਾਲਾ । ਸੁਖੁ—ਆਤਮਕ ਆਨੰਦ । ਸੁਖਿ—ਆਤਮਕ ਆਨੰਦ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਆਵੈ—ਆਉਂਦਾ ਹੈ, ਪਹੁੰਚਦਾ ਹੈ । ਸਾਚ ਭਾਵੈ—ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਦਾ ਹੈ {ਨੋਟ :—ਕਈ ਬੀੜਾਂ ਵਿਚ ਪਾਠ "ਸਾਚੁ" ਹੈ । ਇਸ ਤਰ੍ਹਾਂ ਅਰਥ ਬਣਦਾ ਹੈ :—ਉਸ ਬੰਦੇ ਨੂੰ ਸਦਾ-ਥਿਰ ਪ੍ਰਭੂ ਪਿਆਰਾ ਲੱਗਦਾ ਹੈ । ਪਰ ਸ੍ਰੀ ਕਰਤਾਰਪੁਰ ਵਾਲੀ ਬੀੜ ਵਿਚ ਪਾਠ "ਸਾਚ" ਹੈ} । ਸਾਚ ਕੀ ਮਤਿ—ਸਦਾ-ਥਿਰ ਪ੍ਰਭੂ ਦੇ ਗੁਣ ਗਾਵਣ ਵਾਲੀ ਮਤਿ । ਕਿਉ ਟਲੈ—ਨਹੀਂ ਹਟਦੀ, ਅਟੱਲ ਹੋ ਜਾਂਦੀ ਹੈ । ਸੁਗਿਆਨੁ—ਚੰਗਾ ਗਿਆਨ, ਗਿਆਨ ਦੀਆਂ ਗੱਲਾਂ ਕਰ ਸਕਣ ਦੀ ਚੰਗੀ ਸਮਰੱਥਾ । ਮਜਨੁ—ਤੀਰਥ-ਇਸ਼ਨਾਨ {ਮੱਜਨ} । ਅਛਲਿਓ—ਜੇਹੜਾ ਠੱਗਿਆ ਨਾਹ ਜਾ ਸਕੇ । ਕਿਉ ਛਲੈ—ਠੱਗ ਨਹੀਂ ਸਕਦਾ, ਖ਼ੁਸ਼ ਨਹੀਂ ਕਰ ਸਕਦਾ । ਪਰਪੰਚ—ਧੋਖੇ । ਥਾਕੇ—ਰਹਿ ਜਾਂਦੇ ਹਨ, ਮੁੱਕ ਜਾਂਦੇ ਹਨ । ਦੋਈ—ਦ੍ਵੈਤ, ਮੇਰ-ਤੇਰ । ਕਪਟੁ—ਠੱਗੀ ।੧।

ਅਰਥ :—(ਪਰਮਾਤਮਾ ਦੇ ਪਿਆਰ ਵਿਚ) ਰੰਗਿਆ ਹੋਇਆ ਮੇਰਾ ਮਨ (ਜਿਉਂ ਜਿਉਂ ਪਰਮਾਤਮਾ ਦੇ) ਗੁਣ ਚੇਤੇ ਕਰਦਾ ਹੈ (ਤਿਉਂ ਤਿਉਂ) ਮੇਰੇ ਮਨ ਵਿਚ ਉਹ ਪਰਮਾਤਮਾ ਹੀ ਪਿਆਰਾ ਲੱਗਦਾ ਜਾ ਰਿਹਾ ਹੈ । ਪਰਮਾਤਮਾ ਦੇ ਗੁਣ ਗਾਵਣੇ, ਮਾਨੋ, ਇਕ ਪੌੜੀ ਹੈ ਜੋ ਗੁਰੂ ਨੇ ਦਿੱਤੀ ਹੈ ਤੇ ਇਸ ਪੌੜੀ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤਕ ਪਹੁੰਚ ਸਕੀਦਾ ਹੈ, (ਇਸ ਪੌੜੀ ਤੇ ਚੜ੍ਹਨ ਦੀ ਬਰਕਤਿ ਨਾਲ ਮੇਰੇ ਅੰਦਰ) ਸਦਾ-ਥਿਰ ਰਹਿਣ ਵਾਲਾ ਆਨੰਦ ਬਣ ਰਿਹਾ ਹੈ ।

ਜੇਹੜਾ ਮਨੁੱਖ (ਇਸ ਪੌੜੀ ਦੀ ਬਰਕਤਿ ਨਾਲ) ਆਤਮਕ ਆਨੰਦ ਵਿਚ ਆਤਮਕ ਅਡੋਲਤਾ ਵਿਚ ਪਹੁੰਚਦਾ ਹੈ ਉਹ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਦਾ ਹੈ । ਸਦਾ-ਥਿਰ ਪ੍ਰਭੂ ਦੇ ਗੁਣ ਗਾਵਣ ਵਾਲੀ ਉਸ ਦੀ ਮਤਿ ਅਟੱਲ ਹੋ ਜਾਂਦੀ ਹੈ । ਪਰਮਾਤਮਾ ਅਟੱਲ ਹੈ । (ਜੇ ਗੁਣ ਗਾਵਣ ਵਾਲੀ ਮਤਿ ਨਹੀਂ ਬਣੀ, ਤਾਂ) ਕੋਈ ਇਸ਼ਨਾਨ, ਕੋਈ ਦਾਨ, ਕੋਈ ਚੁੰਚ-ਗਿਆਨਤਾ, ਤੇ ਕੋਈ ਤੀਰਥ-ਇਸ਼ਨਾਨ ਪਰਮਾਤਮਾ ਨੂੰ ਖ਼ੁਸ਼ ਨਹੀਂ ਕਰ ਸਕਦਾ । (ਗੁਣ ਗਾਵਣ ਵਾਲੇ ਮਨੁੱਖ ਦੇ ਮਨ ਵਿਚੋਂ) ਧੋਖੇ-ਫ਼ਰੇਬ, ਮੋਹ ਦੇ ਚਮਤ-ਕਾਰੇ, ਵਿਕਾਰ ਆਦਿਕ ਸਭ ਮੁੱਕ ਜਾਂਦੇ ਹਨ । ਉਸ ਦੇ ਅੰਦਰ ਨਾਹ ਝੂਠ ਰਹਿ ਜਾਂਦਾ ਹੈ, ਨਾਹ ਠੱਗੀ ਰਹਿੰਦੀ ਹੈ, ਨਾਹ ਮੇਰ-ਤੇਰ ਰਹਿੰਦੀ ਹੈ ।

(ਪ੍ਰਭੂ ਦੇ ਪਿਆਰ ਵਿਚ) ਰੰਗਿਆ ਹੋਇਆ ਮੇਰਾ ਮਨ (ਜਿਉਂ ਜਿਉਂ ਪ੍ਰਭੂ ਦੇ) ਗੁਣ ਗਾਂਵਦਾ ਹੈ (ਤਿਉਂ ਤਿਉਂ) ਮੇਰੇ ਮਨ ਵਿਚ ਉਹ ਪ੍ਰਭੂ ਹੀ ਪਿਆਰਾ ਲੱਗਦਾ ਜਾ ਰਿਹਾ ਹੈ ।੧।

ਪਦ ਅਰਥ :—ਜਿਨਿ—ਜਿਸ (ਸਾਹਿਬ) ਨੇ । ਕਾਰਣੁ—ਜਗਤ । ਮਨਿ ਮੈਲਿਐ—ਜੇ ਮਨ ਮੈਲਾ ਰਹੇ, ਜੇ ਮਨ ਨੂੰ ਵਿਕਾਰਾਂ ਦੀ ਮੈਲ ਲੱਗੀ ਰਹੇ । ਕਿਨੈ—ਕਿਸੇ ਵਿਰਲੇ ਨੇ, ਕਿਸੇ ਨੇ ਨਹੀਂ । ਮਥਿ—ਰਿੜਕ ਕੇ, ਮੁੜ ਮੁੜ ਜਪ ਕੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ । ਮਨੁ ਦੀਆ—ਮਨ (ਗੁਰੂ ਨੂੰ) ਦੇ ਦਿੱਤਾ । ਮੋਲੁ—ਮੁੱਲ, ਕੀਮਤ । ਸਹਜਿ—ਆਤਮਕ ਅਡੋਲਤਾ ਵਿਚ । ਸਾਚੈ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ । ਤਿਸੁ ਨਾਲਿ—ਉਸ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ । ਗਾਵਾ—ਮੈਂ ਗਾ ਸਕਦਾ ਹਾਂ । ਤਿਸੁ ਭਾਵਾ—ਉਸ ਪ੍ਰਭੂ ਨੂੰ ਚੰਗਾ ਲੱਗਾਂ । ਕਿਉ ਮਿਲੈ—ਨਹੀਂ ਮਿਲ ਸਕਦਾ । ਹੋਇ—ਹੋ ਕੇ । ਪਰਾਇਆ—ਓਪਰਾ ।੨।

ਅਰਥ :—ਉਸ ਮਾਲਕ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜਿਸ ਨੇ ਜਗਤ ਪੈਦਾ ਕੀਤਾ ਹੈ । (ਸਿਫ਼ਤਿ-ਸਾਲਾਹ ਕਰਨ ਤੋਂ ਬਿਨਾ ਮਨੁੱਖ ਦੇ ਮਨ ਵਿਚ ਵਿਕਾਰਾਂ ਦੀ) ਮੈਲ ਲੱਗੀ ਰਹਿੰਦੀ ਹੈ, ਤੇ, ਜੇ ਮਨ (ਵਿਕਾਰਾਂ ਨਾਲ) ਮੈਲਾ ਟਿਕਿਆ ਰਹੇ ਤਾਂ ਕੋਈ ਭੀ ਨਾਮ-ਅੰਮ੍ਰਿਤ ਪੀ ਨਹੀਂ ਸਕਦਾ । (ਪਰ ਇਸ ਨਾਮ-ਅੰਮ੍ਰਿਤ ਦੀ ਪ੍ਰਾਪਤੀ ਵਾਸਤੇ ਭੀ ਮੁੱਲ ਦੇਣਾ ਪੈਂਦਾ ਹੈ) ਮੈਂ ਗੁਰੂ ਪਾਸੋਂ ਮੁੱਲ ਪੁਆਇਆ (ਤਾਂ ਉਸਨੇ ਦੱਸਿਆ ਕਿ) ਜਿਸ ਨੇ ਆਪਣਾ ਇਹ ਮਨ (ਗੁਰੂ ਦੇ) ਹਵਾਲੇ ਕੀਤਾ ਉਸ ਨੇ ਮੁੜ ਮੁੜ ਸਿਮਰ ਕੇ ਨਾਮ-ਅੰਮ੍ਰਿਤ ਪੀ ਲਿਆ । (ਗੁਰੂ ਦੇ ਦੱਸੇ ਰਾਹ ਤੇ ਤੁਰ ਕੇ) ਜਦੋਂ ਕਿਸੇ ਮਨੁੱਖ ਨੇ ਆਪਣਾ ਮਨ (ਮੈਲੇ ਪਾਸੇ ਵਲੋਂ ਹਟਾ ਕੇ) ਸਦਾ-ਥਿਰ ਪ੍ਰਭੂ ਵਿਚ ਜੋੜਿਆ ਤਾਂ ਉਸ ਨੇ ਆਤਮਕ ਅਡੋਲਤਾ ਵਿਚ ਟਿਕ ਕੇ ਆਪਣੇ ਪ੍ਰੀਤਮ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ।

(ਪਰ) ਮੈਂ ਤਦੋਂ ਹੀ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਪ੍ਰਭੂ ਦੇ ਗੁਣ ਗਾ ਸਕਦਾ ਹਾਂ ਜੇ ਪ੍ਰਭੂ ਦੀ ਰਜ਼ਾ ਹੀ ਹੋਵੇ (ਜੇ ਉਸ ਨੂੰ ਮੈਂ ਚੰਗਾ ਲੱਗ ਪਵਾਂ) । ਪ੍ਰਭੂ ਤੋਂ ਉਪਰੇ ਉਪਰੇ ਰਿਹਾਂ ਪ੍ਰਭੂ ਨਾਲ ਮਿਲਾਪ ਨਹੀਂ ਹੋ ਸਕਦਾ ।

(ਸੋ, ਹੇ ਭਾਈ!) ਉਸ ਮਾਲਕ-ਪ੍ਰਭੂ ਦੀ (ਸਦਾ) ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜਿਸ ਨੇ (ਇਹ) ਜਗਤ ਪੈਦਾ ਕੀਤਾ ਹੈ ।੨।

ਪਦ ਅਰਥ :—ਆਇ ਗਇਆ—(ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ) ਆ ਵੱਸਿਆ । ਕੀ ਨ ਆਇਓ—ਉਸ ਦੇ ਪਾਸ ਹੋਰ ਕੀਹ ਕੁੱਝ ਨਾਹ ਆਇਆ? ਉਸ ਨੂੰ ਹੋਰ ਕੀਹ ਨ ਮਿਲਿਆ? ਉਸ ਨੂੰ ਹੋਰ ਕਿਸੇ ਚੀਜ਼ ਦੀ ਤਾਂਘ ਨਾਹ ਰਹੀ । ਕਿਉ ਆਵੈ ਜਾਤਾ—ਉਹ ਕਿਉਂ ਜੰਮੇ ਤੇ ਮਰੇਗਾ? ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ । ਸੇਤੀ—ਨਾਲ । ਰਾਤਾ—ਰੰਗਿਆ ਜਾਂਦਾ ਹੈ । ਰੰਗਿ—ਰੰਗ ਵਿਚ । ਸਚ ਕੀ ਬਾਤਾ—ਸਦਾ-ਥਿਰ ਪ੍ਰਭੂ ਦੀਆਂ ਗੱਲਾਂ । ਜਿਨਿ—ਜਿਸ ਪ੍ਰਭੂ ਨੇ । ਬਿੰਬ ਕਾ ਕੋਟੁ—ਪਾਣੀ ਦੀ ਬੂੰਦ ਤੋਂ ਸਰੀਰ-ਕਿਲ੍ਹਾ । ਪੰਚ ਭੂ—ਪੰਜ ਤੱਤ । ਨਾਇਕੋ—ਮਾਲਕ । ਸਿਰੰਦਾ—ਪੈਦਾ ਕਰਨ ਵਾਲਾ । ਸਚ—ਸਦਾ-ਥਿਰ ਪ੍ਰਭੂ । ਸਚ ਕਾ ਪਿੰਡੁ—(ਸਦਾ-ਥਿਰ ਪ੍ਰਭੂ ਨੇ) ਆਪਣੇ ਰਹਿਣ ਵਾਸਤੇ ਸਰੀਰ । ਸਵਾਰਿਆ—ਸਜਾਇਆ । ਤੁਧੁ—ਤੈਨੂੰ । ਸਚੁ—ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਵਾਲੀ ਮਤਿ ।੩।

ਅਰਥ :—ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਆ ਵੱਸੇ, ਉਸ ਨੂੰ ਹੋਰ ਕਿਸੇ ਪਦਾਰਥ ਦੀ ਲਾਲਸਾ ਨਹੀਂ ਰਹਿ ਜਾਂਦੀ, ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ । ਉਸ ਦਾ ਮਨ ਪ੍ਰੀਤਮ ਪ੍ਰਭੂ ਨਾਲ ਗਿੱਝ ਜਾਂਦਾ ਹੈ, ਪ੍ਰਭੂ ਦੇ ਪ੍ਰੇਮ ਨਾਲ ਰੰਗਿਆ ਜਾਂਦਾ ਹੈ । ਉਸ ਦਾ ਮਨ ਉਸ ਮਾਲਕ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਉਸ ਸਦਾ-ਥਿਰ ਮਾਲਕ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦਾ ਰਹਿੰਦਾ ਹੈ ਜਿਸ ਨੇ ਪਾਣੀ ਦੀ ਬੂੰਦ ਤੋਂ ਸਰੀਰ-ਕਿਲ੍ਹਾ ਉਸਾਰ ਦਿੱਤਾ ਹੈ, ਜੋ ਪੰਜਾਂ ਤੱਤਾਂ ਦਾ ਮਾਲਕ ਹੈ, ਜੋ ਆਪ ਹੀ (ਸਰੀਰ ਜਗਤ ਦਾ) ਪੈਦਾ ਕਰਨ ਵਾਲਾ ਹੈ, ਜਿਸ ਨੇ ਆਪਣੇ ਰਹਿਣ ਲਈ ਮਨੁੱਖ ਦਾ ਸਰੀਰ ਸਜਾਇਆ ਹੈ ।

ਹੇ ਪਿਆਰੇ ਪ੍ਰਭੂ! ਤੂੰ (ਮੇਰੀ ਬੇਨਤੀ) ਸੁਣ । ਅਸੀ ਜੀਵ ਔਗੁਣਾਂ ਨਾਲ ਭਰੇ ਹੋਏ ਹਾਂ (ਤੂੰ ਆਪ ਹੀ ਆਪਣੀ ਸਿਫ਼ਤਿ-ਸਾਲਾਹ ਦੀ ਦਾਤਿ ਦੇ ਕੇ ਸਾਨੂੰ ਪਵਿਤ੍ਰ ਕਰਨ ਵਾਲਾ ਹੈਂ) ਜੇਹੜਾ ਜੀਵ (ਤੇਰੀ ਮੇਹਰ ਨਾਲ) ਤੈਨੂੰ ਪਸੰਦ ਆ ਜਾਂਦਾ ਹੈ ਉਹ ਤੇਰਾ ਹੀ ਰੂਪ ਹੋ ਜਾਂਦਾ ਹੈ । ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਉਸ ਦੀ ਮਤਿ ਅਭੁੱਲ ਹੋ ਜਾਂਦੀ ਹੈ ।੩।

ਪਦ ਅਰਥ :—ਅੰਜਨੁ—ਸੁਰਮਾ । ਅੰਜਨੁ ਤੈਸਾ ਅੰਜੀਐ—ਉਹੋ ਜਿਹਾ ਸੁਰਮਾ (ਅੱਖਾਂ ਵਿਚ) ਪਾਣਾ ਚਾਹੀਦਾ ਹੈ, ਆਤਮਕ ਜੀਵਨ ਦੀ ਪ੍ਰਾਪਤੀ ਵਾਸਤੇ ਉਹੋ ਜਿਹਾ ਉੱਦਮ ਕਰਨਾ ਚਾਹੀਦਾ ਹੈ {ਨੋਟ :—ਇਸਤ੍ਰੀ ਆਪਣੀ ਸਰੀਰਕ ਸੁੰਦਰਤਾ ਨਾਲ ਆਪਣੇ ਪਤੀ ਨੂੰ ਪ੍ਰਸੰਨ ਕਰਨ ਲਈ ਅੱਖਾਂ ਵਿਚ ਸੁਰਮਾ ਪਾਂਦੀ ਹੈ} । ਪਿਰ ਭਾਵੈ—ਪਤੀ ਨੂੰ ਪਸੰਦ ਆ ਜਾਏ {ਨੋਟ :—"ਪਿਰ ਭਾਵੈ" ਅਤੇ "ਪਿਰੁ ਭਾਵੈ" ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ} । ਜਾਣਾਵੈ—ਜਾਣਨ ਲਈ ਸਹੈਤਾ ਕਰੇ । ਮਾਰਗਿ—(ਸਹੀ) ਰਸਤੇ ਉਤੇ । ਲੇਵਏ—ਲੇਵੈ, ਲੈਂਦਾ ਹੈ, ਆਪਣੇ ਵੱਸ ਵਿਚ ਕਰ ਲੈਂਦਾ ਹੈ ।

ਕਰਮ ਸੁਕਰਮ—ਸਾਧਾਰਨ ਕੰਮ ਤੇ ਚੰਗੇ ਕੰਮ । ਅਭੇਵਏ—ਅਭੇਵੈ, ਅਭੇਵ ਪ੍ਰਭੂ ਦੀ । ਅਭੇਵ—ਜਿਸ ਦਾ ਭੇਤ ਨਾਹ ਪਾਇਆ ਜਾ ਸਕੇ । ਤੰਤੁ—ਟੂਣਾ । ਨ ਜਾਣਾ—ਮੈਂ ਨਹੀਂ ਜਾਣਦਾ । ਰਿਦੈ—ਹਿਰਦੇ ਵਿਚ । ਤਿਸੈ ਤੇ—ਉਸ ਪਰਮਾਤਮਾ ਤੋਂ । ਸਚੁ—ਸਦਾ-ਥਿਰ ਪ੍ਰਭੂ ।੪।

ਅਰਥ :—ਇਸਤ੍ਰੀ ਨੂੰ ਉਹੋ ਜਿਹਾ ਸੁਰਮਾ ਪਾਣਾ ਚਾਹੀਦਾ ਹੈ ਜਿਹੋ ਜਿਹਾ ਉਸ ਦੇ ਪਤੀ ਨੂੰ ਚੰਗਾ ਲੱਗੇ (ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਦੇ ਮਿਲਾਪ ਵਾਸਤੇ ਉਹੋ ਜਿਹਾ ਉੱਦਮ ਕਰਨਾ ਚਾਹੀਦਾ ਹੈ ਜੇਹੜਾ ਪ੍ਰਭੂ-ਪਤੀ ਨੂੰ ਪਸੰਦ ਆਵੇ) । (ਪਰ ਜੀਵ ਦੇ ਕੀਹ ਵੱਸ ਹੈ?) ਜਦੋਂ ਪਰਮਾਤਮਾ ਆਪ ਸਮਝ ਬਖ਼ਸ਼ੇ, ਤਦੋਂ ਹੀ ਜੀਵ (ਸਹੀ ਰਸਤਾ) ਸਮਝ ਸਕਦਾ ਹੈ, ਤਦੋਂ ਹੀ ਜੀਵ ਨੂੰ ਸੂਝ ਆ ਸਕਦੀ ਹੈ, ਤਦੋਂ ਹੀ ਕੁਝ ਜਾਣਿਆ ਜਾ ਸਕਦਾ ਹੈ । ਪਰਮਾਤਮਾ ਆਪ ਹੀ ਸਮਝ ਦੇਂਦਾ ਹੈ, ਆਪ ਹੀ ਸਹੀ ਰਸਤੇ ਉਤੇ ਪਾਂਦਾ ਹੈ ਆਪ ਹੀ ਜੀਵ ਦੇ ਮਨ ਨੂੰ ਆਪਣੇ ਵਲ ਪ੍ਰੇਰਦਾ ਹੈ । ਸਾਧਾਰਨ ਕੰਮ ਤੇ ਚੰਗੇ ਕੰਮ ਪਰਮਾਤਮਾ ਆਪ ਹੀ ਜੀਵ ਪਾਸੋਂ ਕਰਾਂਦਾ ਹੈ; ਪਰ ਉਸ ਪ੍ਰਭੂ ਦਾ ਭੇਤ ਨਹੀਂ ਪਾਇਆ ਜਾ ਸਕਦਾ, ਕੋਈ ਉਸ ਦੀ ਕੀਮਤ ਨਹੀਂ ਜਾਣ ਸਕਦਾ ।

(ਪਰਮਾਤਮਾ ਦਾ ਪਿਆਰ ਪ੍ਰਾਪਤ ਕਰਨ ਲਈ) ਮੈਂ ਕੋਈ ਜਾਦੂ-ਟੂਣਾ ਕੋਈ ਮੰਤ੍ਰ ਆਦਿਕ ਪਖੰਡ ਕਰਨਾ ਨਹੀਂ ਜਾਣਦੀ । ਮੈਂ ਤਾਂ ਕੇਵਲ ਉਸ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਮੇਰਾ ਮਨ ਉਸ ਦੀ ਯਾਦ ਵਿਚ ਗਿੱਝ ਗਿਆ ਹੈ । ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਵਾਸਤੇ ਉਸ ਦਾ ਨਾਮ ਹੀ ਸੁਰਮਾ ਹੈ, ਇਸ ਸੁਰਮੇ ਦੀ ਸੂਝ ਭੀ ਉਸੇ ਪਾਸੋਂ ਮਿਲਦੀ ਹੈ । (ਜਿਸ ਜੀਵ ਨੂੰ ਇਹ ਸੂਝ ਪੈ ਜਾਂਦੀ ਹੈ ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ ।੪।

ਪਦ ਅਰਥ :—ਸਾਜਨ ਹੋਵਨਿ ਆਪਣੇ—ਜੇ ਸੱਜਣ-ਪ੍ਰਭੂ ਜੀ ਆਪਣੇ ਬਣ ਜਾਣ {ਨੋਟ :—ਲਫ਼ਜ਼ "ਸਾਜਨ ਹੋਵਨਿ ਆਪਣੇ" ਆਦਰ-ਸਤਕਾਰ ਦੇ ਭਾਵ ਵਿਚ 'ਬਹੁ-ਵਚਨ' ਵਰਤੇ ਜਾਂਦੇ ਹਨ} । ਪਰ ਘਰ—ਪਰਾਏ ਘਰਾਂ ਵਿਚ {ਘਰਿ—ਘਰ ਵਿਚ । ਘਰ—ਘਰਾਂ ਵਿਚ} । ਸਾਜਨ ਰਾਤੇ—ਸੱਜਣ-ਪ੍ਰਭੂ ਦੇ ਰੰਗ ਵਿਚ ਰੱਤੇ ਹੋਏ । ਸਚ ਕੇ ਸੰਗੇ—ਸਦਾ-ਥਿਰ ਪ੍ਰਭੂ ਦੀ ਸੰਗਤਿ ਵਿਚ । ਮਨ ਮਾਹੀ—ਮਨ ਵਿਚ, ਅੰਤਰ ਆਤਮੇ । ਸਾਜਨ—ਪ੍ਰਭੂ ਜੀ । ਰਲੀਆ—ਆਨੰਦ । ਸਬਾਇਆ—ਸਾਰਾ । ਕਰਮ ਧਰਮ—ਧਾਰਮਿਕ ਕੰਮ । ਨਾਮੁ ਸਾਚਾ—ਸਦਾ-ਥਿਰ ਪ੍ਰਭੂ ਦਾ ਨਾਮ । ਭਾਇਆ—ਪਿਆਰਾ ਲੱਗਾ । ਤਿਸੈ ਭਾਣਾ—ਉਸ ਪ੍ਰਭੂ ਦਾ ਹੀ ਭਾਣਾ । ਸਾਜਨ ਰਾਂਗਿ—ਸੱਜਣ-ਪ੍ਰਭੂ ਦੇ ਰੰਗ ਵਿਚ ।੫।

ਅਰਥ :—ਸੱਜਣ-ਪ੍ਰਭੂ ਜੀ (ਜਿਨ੍ਹਾਂ ਸੁਭਾਗ ਬੰਦਿਆਂ ਦੇ) ਆਪਣੇ ਬਣ ਜਾਂਦੇ ਹਨ, ਉਹ ਬੰਦੇ ਪਰਾਏ ਘਰਾਂ ਵਿਚ ਨਹੀਂ ਜਾਂਦੇ (ਭਾਵ, ਪ੍ਰਭੂ ਦਾ ਸਿਮਰਨ ਛੱਡ ਕੇ ਹੋਰ ਹੋਰ ਅਖਾਉਤੀ ਧਰਮ-ਕਰਮ ਨਹੀਂ ਕਰਦੇ ਫਿਰਦੇ) । ਉਹ ਆਦਮੀ ਅੰਤਰ ਆਤਮੇ ਸਦਾ-ਥਿਰ ਸੱਜਣ-ਪ੍ਰਭੂ ਦੇ ਨਾਲ ਰੱਤੇ ਰਹਿੰਦੇ ਹਨ । ਉਹ ਆਪਣੇ ਮਨ ਵਿਚ ਸੱਜਣ-ਪ੍ਰਭੂ ਜੀ ਦੇ ਮਿਲਾਪ ਦਾ ਆਨੰਦ ਹੀ ਮਾਣਦੇ ਹਨ, ਇਹੀ ਉਹਨਾਂ ਵਾਸਤੇ ਸਾਰੇ ਧਾਰਮਿਕ ਕੰਮ ਹਨ । ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਪਿਆਰਾ ਲੱਗਦਾ ਹੈ—ਇਹੀ ਉਹਨਾਂ ਵਾਸਤੇ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ, ਇਹੀ ਉਹਨਾਂ ਵਾਸਤੇ ਪੁੰਨ-ਦਾਨ ਹੈ ਤੇ ਇਹੀ ਉਹਨਾਂ ਦੀ ਦੇਵ-ਪੂਜਾ ਹੈ । ਉਹਨਾਂ ਬੰਦਿਆਂ ਨੂੰ ਉਸੇ ਪ੍ਰਭੂ ਦੀ ਰਜ਼ਾ ਮਿੱਠੀ ਲੱਗਦੀ ਹੈ ਜੋ ਆਪ (ਜਗਤ ਨੂੰ) ਪੈਦਾ ਕਰਦਾ ਹੈ ਤੇ ਪੈਦਾ ਕਰ ਕੇ ਸੰਭਾਲ ਕਰਦਾ ਹੈ । ਸੱਜਣ-

ਪ੍ਰਭੂ ਦੇ ਰੰਗ ਵਿਚ ਰੰਗੇ ਹੋਏ ਉਹਨਾਂ ਬੰਦਿਆਂ ਨੇ ਆਪਣੇ ਅੰਦਰ ਪ੍ਰਭੂ-ਪ੍ਰੇਮ ਦਾ ਲਾਲ ਰੰਗ ਬਣਾ ਰੱਖਿਆ ਹੈ ।੫।

ਪਦ ਅਰਥ :—ਅੰਧਾ—ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ । ਥੀਐ—ਬਣ ਜਾਏ । ਪਾਧਰੁ—ਸਿੱਧਾ ਰਸਤਾ । ਮੁਸੈ—ਠੱਗਿਆ ਜਾ ਰਿਹਾ ਹੈ, ਲੁੱਟਿਆ ਜਾ ਰਿਹਾ ਹੈ । ਮਤਿ ਹੋਛਿਐ—ਹੋਛੀ ਅਕਲ ਦੇ ਕਾਰਨ । ਰਾਹਿ—(ਸਹੀ) ਰਸਤੇ ਉਤੇ । ਮਹਲ—ਪਰਮਾਤਮਾ ਦਾ ਟਿਕਾਣਾ । ਅੰਧਲੀ—ਅੰਨ੍ਹੀ । ਅੰਧ—ਅੰਨ੍ਹਾ ਮਨੁੱਖ । ਧੰਧਲੀ—ਮਾਇਆ ਦੀ ਦੌੜ-ਭੱਜ ਵਿਚ । ਮਨਿ—ਮਨ ਵਿਚ । ਕਰ ਜੋੜਿ—(ਦੋਵੇਂ) ਹੱਥ ਜੋੜ ਕੇ । ਕਰਿ—ਕਰ, ਕਰਦਾ ਹੈ । ਰਾਹੁ ਪਾਧਰੁ—ਪੱਧਰਾ ਰਸਤਾ, ਸਿੱਧਾ ਰਾਹ ।੬।

ਅਰਥ :—ਜੇ ਕਿਸੇ ਮਨੁੱਖ ਦਾ ਆਗੂ ਉਹ ਮਨੁੱਖ ਬਣ ਜਾਏ ਜੋ ਆਪ ਹੀ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਤਾਂ ਉਹ ਜੀਵਨ-ਸਫ਼ਰ ਦਾ ਸਿੱਧਾ ਰਸਤਾ ਨਹੀਂ ਸਮਝ ਸਕਦਾ, ਕਿਉਂਕਿ ਉਹ ਆਗੂ ਅਪ ਹੀ ਹੋਛੀ ਅਕਲ ਦੇ ਕਾਰਨ (ਕਾਮਾਦਿਕ ਵਿਕਾਰਾਂ ਦੇ ਹੱਥੋਂ) ਲੁਟਿਆ ਜਾ ਰਿਹਾ ਹੈ (ਉਸ ਦੀ ਅਗਵਾਈ ਵਿਚ ਤੁਰਨ ਵਾਲਾ ਵੀ) ਕਿਵੇਂ ਰਾਹ ਲੱਭ ਸਕਦਾ ਹੈ? ਮਾਇਆ-ਮੋਹ ਵਿਚ ਅੰਨ੍ਹੇ ਹੋਏ ਮਨੁੱਖ ਦੀ ਆਪਣੀ ਹੀ ਅਕਲ ਡੌਰੀ-ਭੌਰੀ ਹੋਈ ਹੁੰਦੀ ਹੈ, ਉਹ ਆਪ ਹੀ ਸਹੀ ਰਸਤੇ ਉਤੇ ਤੁਰ ਨਹੀਂ ਸਕਦਾ, ਤੇ ਪਰਮਾਤਮਾ ਦਾ ਦਰ ਲੱਭ ਨਹੀਂ ਸਕਦਾ; ਪਰਮਾਤਮਾ ਦੇ ਨਾਮ ਤੋਂ ਵਾਂਜੇ ਹੋਣ ਕਰਕੇ ਉਸ ਨੂੰ (ਸਹੀ ਜੀਵਨ ਬਾਰੇ) ਕੁਝ ਨਹੀਂ ਸੁੱਝਦਾ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ ਮਾਇਆ ਦੀ ਦੌੜ-ਭੱਜ ਵਿਚ ਡੁੱਬਾ ਰਹਿੰਦਾ ਹੈ ।

ਪਰ ਜਿਸ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਸ ਦੇ ਹਿਰਦੇ ਵਿਚ ਦਿਨ ਰਾਤ ਨਾਮ ਦਾ ਚਾਨਣ ਹੋਇਆ ਰਹਿੰਦਾ ਹੈ, ਉਸ ਦੇ ਅੰਦਰ (ਸੇਵਾ-ਸਿਮਰਨ ਦਾ) ਉਤਸ਼ਾਹ ਪੈਦਾ ਹੋਇਆ ਰਹਿੰਦਾ ਹੈ । ਉਹ ਆਪਣੇ ਦੋਵੇਂ ਹੱਥ ਜੋੜ ਕੇ ਗੁਰੂ ਦੇ ਪਾਸ ਬੇਨਤੀ ਕਰਦਾ ਰਹਿੰਦਾ ਹੈ ਕਿਉਂਕਿ ਗੁਰੂ ਉਸ ਨੂੰ ਜੀਵਨ ਦਾ ਸਿੱਧਾ ਰਸਤਾ ਦੱਸਦਾ ਹੈ ।੬।

ਪਦ ਅਰਥ :—ਪਰਦੇਸੀ—ਆਪਣੇ ਦੇਸ ਤੋਂ ਵਿਛੁੜਿਆ ਹੋਇਆ, ਪ੍ਰਭੂ-ਚਰਨਾਂ ਤੋਂ ਵਿਛੁੜਿਆ ਹੋਇਆ । ਪਰਾਇਆ—ਬਿਗਾਨਾ, ਓਪਰਾ । ਖੋਲ੍ਹਉ—ਮੈਂ ਖੋਹਲਾਂ । ਪਹਿ—ਪਾਸ, ਕੋਲ । ਗੰਠੜੀ—ਦੁੱਖਾਂ ਦੀ ਗੰਢ । ਦੂਖੀ—ਦੁੱਖਾਂ ਨਾਲ । ਸਬਾਇਆ—ਸਾਰਾ । ਬਿਧਿ—ਹਾਲਤ, ਦਸ਼ਾ । ਆਵਣੇ ਜਾਵਣੇ—ਜਨਮ ਮਰਨ ਦੇ ਗੇੜ । ਖਰੇ—ਬਹੁਤ । ਫੇਰਿਆ—ਜਨਮ ਮਰਨ ਦੀਆਂ ਫੇਰੀਆਂ । ਊਣੇ—ਖ਼ਾਲੀ । ਝੂਣੇ—ਉਦਾਸ । ਊਣੇ ਝੂਣੇ—ਨਿਮੋ-ਝੂਣੇ । ਗੁਰਿ—ਗੁਰੂ ਨੇ ।੭।

ਅਰਥ :—ਜੇ ਮਨੁੱਖ ਦਾ ਮਨ ਪ੍ਰਭੂ-ਚਰਨਾਂ ਤੋਂ ਵਿਛੁੜਿਆ ਰਹੇ ਤਾਂ ਉਸ ਨੂੰ ਸਾਰਾ ਜਗਤ ਬਿਗਾਨਾ ਜਾਪਦਾ ਹੈ (ਭਾਵ, ਉਸ ਦੇ ਅੰਦਰ ਵਿਤਕਰਾ ਬਣਿਆ ਰਹਿੰਦਾ ਹੈ) । (ਪ੍ਰਭੂ-ਚਰਨਾਂ ਤੋਂ ਵਿਛੁੜ ਕੇ) ਸਾਰਾ ਜਗਤ ਹੀ (ਭਾਵ, ਹਰੇਕ ਜੀਵ) ਦੁੱਖਾਂ ਨਾਲ (ਨਕਾ-ਨਕ) ਭਰਿਆ ਰਹਿੰਦਾ ਹੈ (ਉਹਨਾਂ ਵਿਚ ਮੈਨੂੰ ਕੋਈ ਐਸਾ ਨਹੀਂ ਦਿੱਸਦਾ ਜੋ ਨਾਮ ਤੋਂ ਵਾਂਜਿਆ ਰਹਿ ਕੇ ਸੁਖੀ ਦਿੱਸਦਾ ਹੋਵੇ, ਤੇ) ਜਿਸ ਅੱਗੇ ਮੈਂ ਆਪਣੇ ਦੁੱਖਾਂ ਦੀ ਗੰਢ ਖੋਹਲ ਸਕਾਂ (ਹਰੇਕ ਨੂੰ ਆਪੋ-ਧਾਪ ਪਈ ਰਹਿੰਦੀ ਹੈ) ।

(ਪ੍ਰਭੂ-ਚਰਨਾਂ ਤੋਂ ਵਿਛੁੜਿਆ ਹੋਇਆ) ਸਾਰਾ ਹੀ ਜਗਤ (ਹਰੇਕ ਜੀਵ) ਦੁੱਖਾਂ ਨਾਲ ਭਰਿਆ ਰਹਿੰਦਾ ਹੈ (ਹਰੇਕ ਦੇ ਅੰਦਰ ਇਤਨਾ ਸੁਆਰਥ ਹੁੰਦਾ ਹੈ ਕਿ ਕੋਈ ਕਿਸੇ ਦਾ ਦਰਦੀ ਨਹੀਂ ਬਣਦਾ), ਮੇਰੀ ਦੁੱਖੀ ਦਸ਼ਾ ਨੂੰ ਜਾਣਨ ਦੀ ਕੋਈ ਵੀ ਪਰਵਾਹ ਨਹੀਂ ਕਰਦਾ । (ਨਾਮ ਤੋਂ ਖੁੰਝੇ ਹੋਏ ਜੀਵਾਂ ਦੇ ਸਿਰ ਉਤੇ) ਬਹੁਤ ਭਿਆਨਕ ਜਨਮ ਮਰਨ (ਦੇ ਗੇੜ) ਬਣੇ ਰਹਿੰਦੇ ਹਨ, ਉਹਨਾਂ ਦੀਆਂ ਜਨਮ ਮਰਨ ਦੀਆਂ ਜਗਤ-ਫੇਰੀਆਂ ਮੁੱਕਦੀਆਂ ਨਹੀਂ ।

ਜਿਨ੍ਹਾਂ (ਭਾਗ-ਹੀਣ ਬੰਦਿਆਂ) ਨੂੰ ਗੁਰੂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਨਹੀਂ ਸੁਣਾਇਆ, ਜੋ ਨਾਮ ਤੋਂ ਸੱਖਣੇ ਰਹੇ ਹਨ ਉਹ ਦੁੱਖੀ ਜੀਵਨ ਹੀ ਬਿਤਾਂਦੇ ਗਏ (ਕਿਉਂਕਿ) ਜੇ ਮਨੁੱਖ ਦਾ ਮਨ ਪ੍ਰਭੂ-ਚਰਨਾਂ ਤੋਂ ਵਿਛੁੜਿਆ ਰਹੇ ਤਾਂ ਉਸ ਨੂੰ ਸਾਰਾ ਜਗਤ ਬਿਗਾਨਾ ਜਾਪਦਾ ਹੈ (ਉਸ ਦੇ ਅੰਦਰ ਮੇਰ-ਤੇਰ ਬਣੀ ਰਹਿੰਦੀ ਹੈ) ।੭।

ਪਦ ਅਰਥ :—ਮਹਲੁ—ਟਿਕਾਣਾ । ਮਹਲੀ—ਟਿਕਾਣੇ ਵਾਲਾ । ਗੁਰ ਮਹਲੀ—ਉੱਚੇ ਟਿਕਾਣੇ ਦਾ ਮਾਲਕ-ਪ੍ਰਭੂ । ਘਰਿ ਆਪਣੈ—(ਜਿਸ ਮਨੁੱਖ ਦੀ) ਆਪਣੇ ਹਿਰਦੇ-ਘਰ ਵਿਚ । ਸੋ—ਉਹ ਮਨੁੱਖ । ਭਰਪੁਰਿ—ਭਰਪੂਰ ਵਿਚ, ਸਰਬ-ਵਿਆਪਕ ਪ੍ਰਭੂ ਵਿਚ । ਤਾਂ—ਤਦੋਂ । ਸਚ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ । ਪਤੀਣਾ—ਗਿੱਝ ਜਾਂਦਾ ਹੈ, ਮਗਨ ਰਹਿੰਦਾ ਹੈ । ਅੰਕੁ—ਹਿਰਦਾ । ਸੁ ਮਹਲੁ—(ਪ੍ਰਭੂ ਦਾ) ਉਹ ਟਿਕਾਣਾ । ਮਹਲਾ ਅੰਤਰੇ—ਹਰੇਕ ਸਰੀਰ ਵਿਚ । ਅੰਤਿ—ਅੰਤਰਿ, ਅੰਦਰ, ਹਰੇਕ ਦੇ ਅੰਦਰ । ਨਿਰੰਤਰੇ—ਨਿਰੰਤਰਿ {ਨਿਰ—ਅੰਤਰ । ਅੰਤਰ—ਵਿੱਥ} ਬਿਨਾ ਵਿੱਥ, ਇਕ-ਰਸ । ਸੁਹੇਲਾ—ਸੁਖੀ । ਬੀਣਾ—ਬੰਸਰੀ । ਅਨਹਦ—{ਅਨ-ਹਤ ਬਿਨਾ ਵਜਾਏ} ਇਕ-ਰਸ, ਸਦਾ ਹੀ ।੮।

ਅਰਥ :—ਉੱਚੇ ਟਿਕਾਣੇ ਦਾ ਮਾਲਕ ਪ੍ਰਭੂ ਜਿਸ ਮਨੁੱਖ ਦੇ ਆਪਣੇ ਹਿਰਦੇ-ਘਰ ਵਿਚ ਆ ਵੱਸਦਾ ਹੈ ਉਹ ਮਨੁੱਖ ਉਸ ਸਰਬ-ਵਿਆਪਕ ਪ੍ਰਭੂ (ਦੀ ਯਾਦ) ਵਿਚ ਮਸਤ ਰਹਿੰਦਾ ਹੈ, ਉਹ ਮਨੁੱਖ ਪ੍ਰਭੂ ਦਾ ਸੇਵਕ ਬਣ ਜਾਂਦਾ ਹੈ ਪ੍ਰਭੂ ਦੀ ਸੇਵਾ-ਭਗਤੀ ਕਰਦਾ ਹੈ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ (ਉਸ ਦਾ ਮਨ) ਮਗਨ ਰਹਿੰਦਾ ਹੈ । ਉਹ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਗਿੱਝ ਜਾਂਦਾ ਹੈ, ਉਸ ਦਾ ਹਿਰਦਾ ਨਾਮ-ਰਸ ਨਾਲ ਭਿੱਜਿਆ ਰਹਿੰਦਾ ਹੈ, ਉਸ ਨੂੰ ਹਰੇਕ ਸਰੀਰ ਦੇ ਅੰਦਰ ਪ੍ਰਭੂ ਦਾ ਨਿਵਾਸ ਦਿੱਸਦਾ ਹੈ, (ਉਸ ਨੂੰ ਯਕੀਨ ਬਣਿਆ ਰਹਿੰਦਾ ਹੈ ਕਿ) ਪ੍ਰਭੂ ਆਪ ਹੀ ਸਭ ਕੁਝ ਕਰ ਰਿਹਾ ਹੈ, ਆਪ ਹੀ ਹਰੇਕ ਦੇ ਅੰਦਰ ਇਕ-ਰਸ ਵਿਆਪਕ ਹੈ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜਦੋਂ ਉਸ ਮਨੁੱਖ ਦਾ ਪਰਮਾਤਮਾ ਨਾਲ ਮਿਲਾਪ ਹੋ ਜਾਂਦਾ ਹੈ ਤਦੋਂ ਉਸ ਦਾ ਜੀਵਨ ਸੌਖਾ ਹੋ ਜਾਂਦਾ ਹੈ (ਉਸ ਦੇ ਅੰਦਰ, ਮਾਨੋ,) ਇਕ-ਰਸ ਬੰਸਰੀ ਵੱਜਦੀ ਰਹਿੰਦੀ ਹੈ ।

ਉੱਚੇ ਟਿਕਾਣੇ ਦਾ ਮਾਲਕ-ਪ੍ਰਭੂ ਜਿਸ ਮਨੁੱਖ ਦੇ ਆਪਣੇ ਹਿਰਦੇ-ਘਰ ਵਿਚ ਪਰਗਟ ਹੋ ਜਾਂਦਾ ਹੈ ਉਹ ਮਨੁੱਖ ਉਸ ਸਰਬ-ਵਿਆਪਕ ਪ੍ਰਭੂ (ਦੀ ਯਾਦ) ਵਿਚ ਜੁੜਿਆ ਰਹਿੰਦਾ ਹੈ ।੮।

ਪਦ ਅਰਥ :—ਕੀਤਾ—ਪਰਮਾਤਮਾ ਦਾ ਪੈਦਾ ਕੀਤਾ ਹੋਇਆ ਜੀਵ । ਕਿਆ ਸਾਲਾਹੀਐ—ਸਿਫ਼ਤਾਂ ਕਰਨ ਦਾ ਕੀਹ ਲਾਭ? ਕਰਿ—ਪੈਦਾ ਕਰ ਕੇ । ਵੇਖੈ—ਸੰਭਾਲ ਕਰਦਾ ਹੈ । ਸੋਈ—ਉਹ ਪ੍ਰਭੂ ਹੀ । ਤਾ ਕੀ—ਉਸ (ਪਰਮਾਤਮਾ) ਦੀ । ਨ ਭੁਲਏ—ਨ ਭੁਲੈ, ਭੁੱਲ ਨਹੀਂ ਕਰਦਾ । ਕਰਹਿ—(ਜੀਵ) ਕਰਦੇ ਹਨ

। ਤੁਧੁ—ਤੈਨੂੰ । ਸਬਦਿ ਅਮੁਲਏ—ਅਮੁਲੈ ਸਬਦਿ, ਅਮੋਲਕ ਸ਼ਬਦ ਦੀ ਰਾਹੀਂ । ਹੀਣਉ—ਹੀਣਾ, ਤੁੱਛ । ਕਰਉ—ਮੈਂ ਕਰਦਾ ਹਾਂ । ਸਾਚੁ—ਸਦਾ-ਥਿਰ ਪ੍ਰਭੂ । ਭਾਈ—ਹੇ ਭਾਈ! ਜਿਨਿ—ਜਿਸ ਪਰਮਾਤਮਾ ਨੇ । ਸਾਈ—ਸੋਈ, ਉਹੀ ।੯।

ਅਰਥ :—ਪਰਮਾਤਮਾ ਦੇ ਪੈਦਾ ਕੀਤੇ ਹੋਏ ਜੀਵ ਦੀਆਂ ਸਿਫ਼ਤਾਂ ਕਰਨ ਦਾ ਕੀਹ ਲਾਭ? (ਸਿਫ਼ਤਿ-ਸਾਲਾਹ ਉਸ ਪਰਮਾਤਮਾ ਦੀ ਕਰਨੀ ਚਾਹੀਦੀ ਹੈ) ਜੋ ਜਗਤ ਪੈਦਾ ਕਰ ਕੇ ਆਪ ਹੀ ਸੰਭਾਲ ਭੀ ਕਰਦਾ ਹੈ । (ਪਰ ਉਸ ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ, ਉਸ ਵਰਗਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ) । ਜੇ ਕੋਈ ਮਨੁੱਖ ਇਹ ਚਾਹੇ (ਕਿ ਪਰਮਾਤਮਾ ਦੇ ਗੁਣ ਬਿਆਨ ਕਰ ਕੇ ਮੈਂ ਉਸ ਦਾ ਮੁੱਲ ਪਾ ਸਕਾਂ ਤਾਂ ਇਹ ਨਹੀਂ ਹੋ ਸਕਦਾ) ਉਸ ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ ।

ਜਿਸ ਮਨੁੱਖ ਨੂੰ ਪ੍ਰਭੂ ਆਪ ਸੂਝ ਬਖ਼ਸ਼ਦਾ ਹੈ, ਉਹ ਪ੍ਰਭੂ ਦੀ ਕਦਰ ਸਮਝ ਲੈਂਦਾ ਹੈ (ਤੇ ਦੱਸਦਾ ਹੈ ਕਿ) ਪ੍ਰਭੂ ਅਭੁੱਲ ਹੈ ਕਦੇ ਭੁੱਲ ਨਹੀਂ ਕਰਦਾ । (ਉਹ ਬੰਦਾ ਇਉਂ ਬੇਨਤੀ ਕਰਦਾ ਹੈ—) ਹੇ ਪ੍ਰਭੂ! ਜੇਹੜੇ ਬੰਦੇ ਤੈਨੂੰ ਪਿਆਰੇ ਲੱਗਦੇ ਹਨ ਉਹ ਗੁਰੂ ਦੇ ਅਮੋਲਕ ਸ਼ਬਦ ਵਿਚ ਜੁੜ ਕੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ ।

ਹੇ ਨਾਨਕ! (ਆਖ—) ਹੇ ਭਾਈ! ਮੈਂ ਤੁੱਛ ਹਾਂ, ਮੈਂ ਨੀਵਾਂ ਹਾਂ, ਪਰ ਮੈਂ (ਪ੍ਰਭੂ-ਦਰ ਤੇ ਹੀ) ਬੇਨਤੀ ਕਰਦਾ ਹਾਂ, ਮੈਂ ਉਸ ਸਦਾ-ਥਿਰ ਪ੍ਰਭੂ (ਦੇ ਪੱਲੇ) ਨੂੰ ਨਹੀਂ ਛੱਡਦਾ । (ਮੇਰੀ ਕੋਈ ਪਾਂਇਆਂ ਨਹੀਂ ਕਿ ਮੈਂ ਸਿਫ਼ਤਿ-ਸਾਲਾਹ ਕਰਨ ਦਾ ਦਮ ਭਰ ਸਕਾਂ), ਜੇਹੜਾ ਪ੍ਰਭੂ ਪੈਦਾ ਕਰ ਕੇ ਸੰਭਾਲ ਕਰਦਾ ਹੈ ਉਹੀ (ਸਿਫ਼ਤਿ-ਸਾਲਾਹ ਕਰਨ ਦੀ) ਅਕਲ ਬਖ਼ਸ਼ਦਾ ਹੈ ।੯।੨।੫।

ਰਾਗੁ ਸੂਹੀ ਛੰਤ ਮਹਲਾ ੩ ਘਰੁ ੨

ੴ ਸਤਿਗੁਰ ਪ੍ਰਸਾਦਿ ॥ ਸੁਖ ਸੋਹਿਲੜਾ ਹਰਿ ਧਿਆਵਹੁ ॥ ਗੁਰਮੁਖਿ ਹਰਿ ਫਲੁ ਪਾਵਹੁ ॥ ਗੁਰਮੁਖਿ ਫਲੁ ਪਾਵਹੁ ਹਰਿ ਨਾਮੁ ਧਿਆਵਹੁ ਜਨਮ ਜਨਮ ਕੇ ਦੂਖ ਨਿਵਾਰੇ ॥ ਬਲਿਹਾਰੀ ਗੁਰ ਅਪਣੇ ਵਿਟਹੁ ਜਿਨਿ ਕਾਰਜ ਸਭਿ ਸਵਾਰੇ ॥ ਹਰਿ ਪ੍ਰਭੁ ਕ੍ਰਿਪਾ ਕਰੇ ਹਰਿ ਜਾਪਹੁ ਸੁਖ ਫਲ ਹਰਿ ਜਨ ਪਾਵਹੁ ॥ ਨਾਨਕੁ ਕਹੈ ਸੁਣਹੁ ਜਨ ਭਾਈ ਸੁਖ ਸੋਹਿਲੜਾ ਹਰਿ ਧਿਆਵਹੁ ॥੧॥ {ਪੰਨਾ ੭੬੭}

ਪਦ ਅਰਥ :—ਸੁਖ—ਆਤਮਕ ਆਨੰਦ । ਸੋਹਿਲੜਾ—{ਸੁਖ ਕੇਲ :—ਸੋਹਿਲਾ} ਖ਼ੁਸ਼ੀ ਪੈਦਾ ਕਰਨ ਵਾਲਾ ਗੀਤ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਨਿਵਾਰੇ—ਦੂਰ ਕਰਦਾ ਹੈ । ਵਿਟਹੁ—ਤੋਂ । ਬਲਿਹਾਰੀ—ਸਦਕੇ । ਜਿਨਿ—ਜਿਸ (ਗੁਰੂ) ਨੇ । ਸਭਿ—ਸਾਰੇ । ਜਾਪਹੁ—ਜਪਿਆ ਕਰੋ । ਨਾਨਕੁ ਕਹੈ—ਨਾਨਕ ਆਖਦਾ ਹੈ । ਜਨ ਭਾਈ—ਹੇ ਭਾਈ ਜਨੋ! ।੧।

ਅਰਥ :—ਹੇ ਭਾਈ ਜਨੋ! ਆਤਮਕ ਆਨੰਦ ਦੇਣ ਵਾਲਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰੋ । ਗੁਰੂ ਦੀ ਸਰਨ ਪੈ ਕੇ (ਸਿਫ਼ਤਿ-ਸਾਲਾਹ ਦਾ ਗੀਤ ਗਾਇਆਂ) ਪਰਮਾਤਮਾ ਦੇ ਦਰ ਤੋਂ (ਇਸ ਦਾ) ਫਲ ਪ੍ਰਾਪਤ ਕਰੋਗੇ ।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ, (ਇਸ ਦਾ) ਫਲ ਹਾਸਲ ਕਰੋਗੇ, ਪਰਮਾਤਮਾ ਦਾ ਨਾਮ ਅਨੇਕਾਂ ਜਨਮਾਂ ਦੇ ਦੁੱਖ ਦੂਰ ਕਰ ਦੇਂਦਾ ਹੈ । ਜਿਸ ਗੁਰੂ ਨੇ ਤੁਹਾਡੇ (ਲੋਕ ਪਰਲੋਕ ਦੇ) ਸਾਰੇ ਕੰਮ ਸਵਾਰ ਦਿੱਤੇ ਹਨ, ਉਸ ਆਪਣੇ ਗੁਰੂ ਤੋਂ ਸਦਕੇ ਜਾਵੋ ।

ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰੋ । ਹਰੀ-ਪ੍ਰਭੂ ਕਿਰਪਾ ਕਰੇਗਾ, (ਉਸ ਦੇ ਦਰ ਤੋਂ) ਆਤਮਕ ਆਨੰਦ ਦਾ ਫਲ ਪ੍ਰਾਪਤ ਕਰ ਲਵੋਗੇ । ਨਾਨਕ ਆਖਦਾ ਹੈ—ਹੇ ਭਾਈ ਜਨੋ! ਆਤਮਕ ਆਨੰਦ ਦੇਣ ਵਾਲਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਿਹਾ ਕਰੋ ।੧।

ਸੁਣਿ ਹਰਿ ਗੁਣ ਭੀਨੇ ਸਹਜਿ ਸੁਭਾਏ ॥ ਗੁਰਮਤਿ ਸਹਜੇ ਨਾਮੁ ਧਿਆਏ ॥ ਜਿਨ ਕਉ ਧੁਰਿ ਲਿਖਿਆ ਤਿਨ ਗੁਰੁ ਮਿਲਿਆ ਤਿਨ ਜਨਮ ਮਰਣ ਭਉ ਭਾਗਾ ॥ ਅੰਦਰਹੁ ਦੁਰਮਤਿ ਦੂਜੀ ਖੋਈ ਸੋ ਜਨੁ ਹਰਿ ਲਿਵ ਲਾਗਾ ॥ ਜਿਨ ਕਉ ਕ੍ਰਿਪਾ ਕੀਨੀ ਮੇਰੈ ਸੁਆਮੀ ਤਿਨ ਅਨਦਿਨੁ ਹਰਿ ਗੁਣ ਗਾਏ ॥ ਸੁਣਿ ਮਨ ਭੀਨੇ ਸਹਜਿ ਸੁਭਾਏ ॥੨॥ {ਪੰਨਾ ੭੬੭-੭੬੮}

ਪਦ ਅਰਥ :—ਭੀਨੇ—ਭਿੱਜ ਜਾਂਦੇ ਹਨ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪ੍ਰੇਮ ਵਿਚ । ਧਿਆਏ—ਧਿਆਇ, ਸਿਮਰ ਕੇ । ਧੁਰਿ—ਧੁਰ ਦਰਗਾਹ ਤੋਂ । ਤਿਨ੍—ਉਹਨਾਂ ਨੂੰ । ਤਿਨ ਭਉ—ਉਹਨਾਂ ਦਾ ਡਰ । ਅੰਦਰਹੁ—ਹਿਰਦੇ ਵਿਚੋਂ । ਦੁਰਮਤਿ ਦੂਜੀ—ਮਾਇਆ ਵਲ ਲੈ ਜਾਣ ਵਾਲੀ ਖੋਟੀ ਮਤਿ । ਖੋਈ—ਦੂਰ ਕਰ ਲਈ । ਲਿਵ—ਲਗਨ । ਮੇਰੈ ਸੁਆਮੀ—ਮੇਰੇ ਮਾਲਕ ਨੇ । ਅਨਦਿਨੁ—ਹਰ ਰੋਜ਼ {ਅਨੁਦਿਨਾਜ਼} ਹਰ ਵੇਲੇ ।੨।

ਅਰਥ :—ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਕੇ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਭਿੱਜ ਜਾਈਦਾ ਹੈ । ਹੇ ਭਾਈ! ਤੂੰ ਭੀ ਗੁਰੂ ਦੀ ਮਤਿ ਉਤੇ ਤੁਰ ਕੇ ਪ੍ਰਭੂ ਦਾ ਨਾਮ ਸਿਮਰ ਦੇ ਆਤਮਕ ਅਡੋਲਤਾ ਵਿਚ ਟਿਕ । ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲਿਖਿਆ ਲੇਖ ਉੱਘੜਦਾ ਹੈ ਉਹਨਾਂ ਨੂੰ ਗੁਰੂ ਮਿਲਦਾ ਹੈ (ਤੇ, ਨਾਮ ਦੀ ਬਰਕਤਿ ਨਾਲ) ਉਹਨਾਂ ਦਾ ਜਨਮ ਮਰਨ (ਦੇ ਗੇੜ) ਦਾ ਡਰ ਦੂਰ ਹੋ ਜਾਂਦਾ ਹੈ । (ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਆਪਣੇ) ਹਿਰਦੇ ਵਿਚੋਂ ਮਾਇਆ ਵਲ ਲੈ ਜਾਣ ਵਾਲੀ ਖੋਟੀ ਮਤਿ ਦੂਰ ਕਰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜਦਾ ਹੈ ।

ਹੇ ਭਾਈ! ਮੇਰੇ ਮਾਲਕ-ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਮੇਹਰ ਕੀਤੀ, ਉਹਨਾਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ । ਹੇ ਮਨ! (ਪਰਮਾਤਮਾ ਦੀ ਸਿਫ਼ਤਿ-ਸਾਲਾਹ) ਸੁਣ ਕੇ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਭਿੱਜ ਜਾਈਦਾ ਹੈ ।੨।

ਜੁਗ ਮਹਿ ਰਾਮ ਨਾਮੁ ਨਿਸਤਾਰਾ ॥ ਗੁਰ ਤੇ ਉਪਜੈ ਸਬਦੁ ਵੀਚਾਰਾ ॥ ਗੁਰ ਸਬਦੁ ਵੀਚਾਰਾ ਰਾਮ ਨਾਮੁ ਪਿਆਰਾ ਜਿਸੁ ਕਿਰਪਾ ਕਰੇ ਸੁ ਪਾਏ ॥ ਸਹਜੇ ਗੁਣ ਗਾਵੈ ਦਿਨੁ ਰਾਤੀ ਕਿਲਵਿਖ ਸਭਿ ਗਵਾਏ ॥ ਸਭੁ ਕੋ ਤੇਰਾ ਤੂ ਸਭਨਾ ਕਾ ਹਉ ਤੇਰਾ ਤੂ ਹਮਾਰਾ ॥ ਜੁਗ ਮਹਿ ਰਾਮ ਨਾਮੁ ਨਿਸਤਾਰਾ ॥੩॥ {ਪੰਨਾ ੭੬੮}

ਪਦ ਅਰਥ :—ਜੁਗ ਮਹਿ—ਜਗਤ ਵਿਚ । ਨਿਸਤਾਰਾ—ਪਾਰ-ਉਤਾਰਾ (ਕਰਦਾ ਹੈ) । ਗੁਰ ਤੇ ਉਪਜੈ—(ਜੇਹੜਾ ਮਨੁੱਖ) ਗੁਰੂ ਪਾਸੋਂ ਨਵਾਂ ਜਨਮ ਲੈਂਦਾ ਹੈ । ਸਹਜੇ—ਆਤਮਕ ਅਡੋਲਤਾ ਵਿਚ (ਟਿਕ ਕੇ) । ਕਿਲਵਿਖ—ਪਾਪ । ਸਭਿ—ਸਾਰੇ । ਸਭੁ ਕੋ—ਹਰੇਕ ਜੀਵ । ਹਉ—ਮੈਂ ।੩।

ਅਰਥ :—ਹੇ ਭਾਈ! ਜਗਤ ਵਿਚ ਪਰਮਾਤਮਾ ਦਾ ਨਾਮ ਹੀ (ਹਰੇਕ ਜੀਵ ਦਾ) ਪਾਰ-ਉਤਾਰਾ ਕਰਦਾ ਹੈ । ਜੇਹੜਾ ਮਨੁੱਖ ਗੁਰੂ ਪਾਸੋਂ ਨਵਾਂ ਆਤਮਕ ਜੀਵਨ ਲੈਂਦਾ ਹੈ, ਉਹ ਗੁਰੂ ਦੇ ਸ਼ਬਦ ਨੂੰ ਵਿਚਾਰਦਾ ਹੈ । ਉਹ ਮਨੁੱਖ ਗੁਰੂ ਦੇ ਸ਼ਬਦ ਨੂੰ (ਜਿਉਂ ਜਿਉਂ) ਵਿਚਾਰਦਾ ਹੈ ਤਿਉਂ ਤਿਉਂ) ਪਰਮਾਤਮਾ ਦਾ ਨਾਮ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਪਰ, ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ ਕਿਰਪਾ ਕਰਦਾ ਹੈ, ਉਹੀ ਮਨੁੱਖ (ਇਹ ਦਾਤਿ) ਪ੍ਰਾਪਤ ਕਰਦਾ ਹੈ ।

ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਦਿਨ ਰਾਤ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਅਤੇ ਆਪਣੇ ਸਾਰੇ ਪਾਪ ਦੂਰ ਕਰ ਲੈਂਦਾ ਹੈ ।

ਹੇ ਪ੍ਰਭੂ! ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ ਹੈ), ਤੂੰ ਸਾਰੇ ਜੀਵਾਂ ਦਾ ਖਸਮ ਹੈਂ । ਹੇ ਪ੍ਰਭੂ! ਮੈਂ ਤੇਰਾ (ਸੇਵਕ) ਹਾਂ, ਤੂੰ ਸਾਡਾ ਮਾਲਕ ਹੈਂ (ਸਾਨੂੰ ਆਪਣਾ ਨਾਮ ਬਖ਼ਸ਼) । ਹੇ ਭਾਈ! ਸੰਸਾਰ ਵਿਚ ਪਰਮਾਤਮਾ ਦਾ ਨਾਮ (ਹੀ ਹਰੇਕ ਜੀਵ ਦਾ ਪਾਰ-ਉਤਾਰਾ ਕਰਦਾ ਹੈ ।੩।

ਸਾਜਨ ਆਇ ਵੁਠੇ ਘਰ ਮਾਹੀ ॥ ਹਰਿ ਗੁਣ ਗਾਵਹਿ ਤ੍ਰਿਪਤਿ ਅਘਾਹੀ ॥ ਹਰਿ ਗੁਣ ਗਾਇ ਸਦਾ ਤ੍ਰਿਪਤਾਸੀ ਫਿਰਿ ਭੂਖ ਨ ਲਾਗੈ ਆਏ ॥ ਦਹਦਿਸਿ ਪੂਜ ਹੋਵੈ ਹਰਿ ਜਨ ਕੀ ਜੋ ਹਰਿ ਹਰਿ ਨਾਮੁ ਧਿਆਏ ॥ ਨਾਨਕ ਹਰਿ ਆਪੇ ਜੋੜਿ ਵਿਛੋੜੇ ਹਰਿ ਬਿਨੁ ਕੋ ਦੂਜਾ ਨਾਹੀ ॥ ਸਾਜਨ ਆਇ ਵੁਠੇ ਘਰ ਮਾਹੀ ॥੪॥੧॥ {ਪੰਨਾ ੭੬੮}

ਪਦ ਅਰਥ :—ਸਾਜਨ—ਸੱਜਣ ਪ੍ਰਭੂ ਜੀ । ਵੁਠੇ—ਵੱਸ ਪਏ । ਘਰ—ਹਿਰਦਾ-ਘਰ । ਗਾਵਹਿ—ਗਾਂਦੇ ਹਨ । ਤ੍ਰਿਪਤਿ—ਸੰਤੋਖ । ਅਘਾਹੀ—ਅਘਾਹਿ, ਰੱਜ ਜਾਂਦੇ ਹਨ । ਤ੍ਰਿਪਤਾਸੀ—(ਜੇਹੜੀ ਜਿੰਦ) ਤ੍ਰਿਪਤ ਹੋ ਗਈ, ਰੱਜ ਗਈ । ਨ ਲਾਗੈ—ਨਹੀਂ ਚੰਬੜਦੀ । ਆਏ—ਆਇ, ਆ ਕੇ । ਦਹ ਦਿਸਿ—ਦਸੀਂ ਪਾਸੀਂ, ਹਰ ਥਾਂ । ਪੂਜ—ਇੱਜ਼ਤ । ਨਾਨਕ—ਹੇ ਨਾਨਕ! ਆਪੇ—ਆਪ ਹੀ । ਜੋੜਿ—(ਮਾਇਆ ਵਿਚ) ਜੋੜ ਕੇ । ਵਿਛੋੜੇ—(ਆਪਣੇ ਚਰਨਾਂ ਨਾਲੋਂ) ਵਿਛੋੜਦਾ ਹੈ ।੪।

ਅਰਥ :—ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਜੀ ਆ ਵੱਸਦੇ ਹਨ, ਉਹ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਮਾਇਆ ਵਲੋਂ ਉਹਨਾਂ ਨੂੰ ਸੰਤੋਖ ਆ ਜਾਂਦਾ ਹੈ, ਉਹ ਰੱਜ ਜਾਂਦੇ ਹਨ ।

ਹੇ ਭਾਈ! ਜੇਹੜੀ ਜਿੰਦ ਸਦਾ ਪ੍ਰਭੂ ਦੇ ਗੁਣ ਗਾ ਗਾ ਕੇ (ਮਾਇਆ ਵਲੋਂ) ਤ੍ਰਿਪਤ ਹੋ ਜਾਂਦੀ ਹੈ, ਉਸ ਨੂੰ ਮੁੜ ਮਾਇਆ ਦੀ ਭੁੱਖ ਆ ਕੇ ਨਹੀਂ ਚੰਬੜਦੀ । ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ, ਉਸ ਸੇਵਕ ਦੀ ਹਰ ਥਾਂ ਇੱਜ਼ਤ ਹੁੰਦੀ ਹੈ ।

ਹੇ ਨਾਨਕ! ਪਰਮਾਤਮਾ ਆਪ ਹੀ (ਕਿਸੇ ਨੂੰ ਮਾਇਆ ਵਿਚ) ਜੋੜ ਕੇ (ਆਪਣੇ ਚਰਨਾਂ) ਨਾਲੋਂ ਵਿਛੋੜਦਾ ਹੈ । ਪਰਮਾਤਮਾ ਤੋਂ ਬਿਨਾ ਹੋਰ (ਐਸੀ ਸਮਰਥਾ ਵਾਲਾ) ਨਹੀਂ ਹੈ । (ਜਿਸ ਉਤੇ ਮੇਹਰ ਕਰਦੇ ਹਨ) ਉਸ ਦੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਜੀ ਆ ਨਿਵਾਸ ਕਰਦੇ ਹਨ ।੪।੧।

ੴ ਸਤਿਗੁਰ ਪ੍ਰਸਾਦਿ ॥ ਰਾਗੁ ਸੂਹੀ ਮਹਲਾ ੩ ਘਰੁ ੩ ॥ ਭਗਤ ਜਨਾ ਕੀ ਹਰਿ ਜੀਉ ਰਾਖੈ ਜੁਗਿ ਜੁਗਿ ਰਖਦਾ ਆਇਆ ਰਾਮ ॥ ਸੋ ਭਗਤੁ ਜੋ ਗੁਰਮੁਖਿ ਹੋਵੈ ਹਉਮੈ ਸਬਦਿ ਜਲਾਇਆ ਰਾਮ ॥ ਹਉਮੈ ਸਬਦਿ ਜਲਾਇਆ ਮੇਰੇ ਹਰਿ ਭਾਇਆ ਜਿਸ ਦੀ ਸਾਚੀ ਬਾਣੀ ॥ ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ ॥ ਭਗਤਾ ਕੀ ਚਾਲ ਸਚੀ ਅਤਿ ਨਿਰਮਲ ਨਾਮੁ ਸਚਾ ਮਨਿ ਭਾਇਆ ॥ ਨਾਨਕ ਭਗਤ ਸੋਹਹਿ ਦਰਿ ਸਾਚੈ ਜਿਨੀ ਸਚੋ ਸਚੁ ਕਮਾਇਆ ॥੧॥ {ਪੰਨਾ ੭੬੮}

ਪਦ ਅਰਥ :—ਰਾਖੈ—ਰੱਖਦਾ ਹੈ । ਜੁਗਿ ਜੁਗਿ—ਹਰੇਕ ਜੁਗ ਵਿਚ । ਗੁਰਮੁਖਿ—ਗੁਰੂ ਦੇ ਸਨਮੁਖ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਭਾਇਆ—ਪਿਆਰਾ ਲੱਗਾ । ਜਿਸ ਦੀ—ਜਿਸ ਪ੍ਰਭੂ ਦੀ । ਸਾਚੀ—ਸਦਾ ਕਾਇਮ ਰਹਿਣ ਵਾਲੀ । ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ । ਸਚੀ—ਸਦਾ-ਥਿਰ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਆਖਿ—ਉਚਾਰ ਕੇ । ਵਖਾਣੀ—(ਹੋਰਨਾਂ ਨੂੰ) ਸਮਝਾਈ । ਚਾਲ—ਜੀਵਨ-ਜੁਗਤਿ । ਮਨਿ—ਮਨ ਵਿਚ । ਸੋਹਹਿ—ਸੋਭਦੇ ਹਨ । ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਚੋ ਸਚੁ—ਸਦਾ-ਥਿਰ ਰਹਿਣ ਵਾਲਾ ਹਰਿ-ਨਾਮ ਹੀ ।੧।

ਅਰਥ :—ਹੇ ਭਾਈ! ਪਰਮਾਤਮਾ ਆਪਣੇ ਭਗਤਾਂ ਦੀ ਇੱਜ਼ਤ ਰੱਖਦਾ ਹੈ, ਹਰੇਕ ਜੁਗ ਵਿਚ ਹੀ (ਭਗਤਾਂ ਦੀ) ਇੱਜ਼ਤ ਰੱਖਦਾ ਆਇਆ ਹੈ । ਜੇਹੜਾ ਮਨੁੱਖ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰਦਾ ਹੈ, ਉਹ ਪ੍ਰਭੂ ਦਾ ਭਗਤ ਬਣ ਜਾਂਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੀ ਹਉਮੈ ਦੂਰ ਕਰਦਾ ਹੈ ।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਹਉਮੈ ਸਾੜਦਾ ਹੈ, ਉਹ ਉਸ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਜਿਸ ਦੀ ਸਿਫ਼ਤਿ-ਸਾਲਾਹ ਸਦਾ ਅਟੱਲ ਰਹਿਣ ਵਾਲੀ ਹੈ ।

ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਿਨ ਰਾਤ ਪਰਮਾਤਮਾ ਦੀ ਸਦਾ-ਥਿਰ ਰਹਿਣ ਵਾਲੇ ਭਗਤੀ ਕਰਦੇ ਰਹਿੰਦੇ ਹਨ, ਉਹ ਆਪ ਸਿਫ਼ਤਿ-ਸਾਲਾਹ ਵਾਲੀ ਬਾਣੀ ਉਚਾਰਦੇ ਰਹਿੰਦੇ ਹਨ, ਤੇ ਹੋਰਨਾਂ ਨੂੰ ਭੀ ਉਸ ਦੀ ਸੂਝ ਦੇਂਦੇ ਹਨ ।

ਹੇ ਭਾਈ! ਭਗਤਾਂ ਦੀ ਜੀਵਨ-ਜੁਗਤੀ ਸਦਾ ਇਕ-ਰਸ ਰਹਿਣ ਵਾਲੀ ਅਤੇ ਬੜੀ ਪਵਿਤ੍ਰ ਹੁੰਦੀ ਹੈ, ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਸਦਾ-ਥਿਰ ਨਾਮ ਪਿਆਰਾ ਲੱਗਦਾ ਰਹਿੰਦਾ ਹੈ । ਹੇ ਨਾਨਕ! ਪਰਮਾਤਮਾ ਦੇ ਭਗਤ ਸਦਾ-ਥਿਰ ਪਰਮਾਤਮਾ ਦੇ ਦਰ ਤੇ ਸੋਭਦੇ ਹਨ, ਉਹ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਸਦਾ ਜਪਦੇ ਰਹਿੰਦੇ ਹਨ ।੧।

ਹਰਿ ਭਗਤਾ ਕੀ ਜਾਤਿ ਪਤਿ ਹੈ ਭਗਤ ਹਰਿ ਕੈ ਨਾਮਿ ਸਮਾਣੇ ਰਾਮ ॥ ਹਰਿ ਭਗਤਿ ਕਰਹਿ ਵਿਚਹੁ ਆਪੁ ਗਵਾਵਹਿ ਜਿਨ੍ ਗੁਣ ਅਵਗਣ ਪਛਾਣੇ ਰਾਮ ॥ ਗੁਣ ਅਉਗਣ ਪਛਾਣੈ ਹਰਿ ਨਾਮੁ ਵਖਾਣੈ ਭੈ ਭਗਤਿ ਮੀਠੀ ਲਾਗੀ ॥ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਘਰ ਹੀ ਮਹਿ ਬੈਰਾਗੀ ॥ ਭਗਤੀ ਰਾਤੇ ਸਦਾ ਮਨੁ ਨਿਰਮਲੁ ਹਰਿ ਜੀਉ ਵੇਖਹਿ ਸਦਾ ਨਾਲੇ ॥ ਨਾਨਕ ਸੇ ਭਗਤ ਹਰਿ ਕੈ ਦਰਿ ਸਾਚੇ ਅਨਦਿਨੁ ਨਾਮੁ ਸਮ੍ਹਾਲੇ ॥੨॥ {ਪੰਨਾ ੭੬੮}

ਪਦ ਅਰਥ :—ਪਤਿ—ਇੱਜ਼ਤ । ਕੈ ਨਾਮਿ—ਦੇ ਨਾਮ ਵਿਚ । ਕਰਹਿ—ਕਰਦੇ ਹਨ । ਵਿਚਹੁ—ਆਪਣੇ ਅੰਦਰੋਂ । ਆਪੁ—ਆਪਾ-ਭਾਵ । ਪਛਾਣੈ—ਪਛਾਣਦਾ ਹੈ । ਵਖਾਣੈ—ਉਚਾਰਦਾ ਹੈ । ਭੈ—ਡਰ-ਅਦਬ ਵਿਚ । ਅਨਦਿਨੁ—ਹਰ ਰੋਜ਼, ਹਰ ਵੇਲੇ {ਅਨੁਦਿਨਾਜ਼} । ਘਰ ਹੀ—ਘਰਿ ਹੀ {ਲਫ਼ਜ਼ 'ਘਰਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਘਰ ਵਿਚ ਹੀ । ਬੈਰਾਗੀ—ਵਿਰਕਤ । ਰਾਤੇ—ਰੰਗੇ ਹੋਏ । ਵੇਖਹਿ—ਵੇਖਦੇ ਹਨ । ਨਾਲੇ—ਨਾਲਿ । ਕੈ ਦਰਿ—ਦੇ ਦਰ ਉਤੇ । ਸਾਚੇ—ਸੱਚੇ, ਸੁਰਖ਼-ਰੂ । ਸਮ੍ਹਾਲੇ—ਸਮ੍ਹਾਲਿ, ਹਿਰਦੇ ਵਿਚ ਵਸਾ ਕੇ ।੨।

ਅਰਥ :—ਹੇ ਭਾਈ! ਪਰਮਾਤਮਾ ਹੀ ਭਗਤਾਂ ਲਈ (ਉੱਚੀ) ਜਾਤਿ ਹੈ, ਪਰਮਾਤਮਾ ਹੀ ਉਹਨਾਂ ਦੀ ਇੱਜ਼ਤ ਹੈ । ਭਗਤ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ । ਭਗਤ (ਸਦਾ) ਹਰੀ ਦੀ ਭਗਤੀ ਕਰਦੇ ਹਨ, ਆਪਣੇ ਅੰਦਰੋਂ ਆਪਾ-ਭਾਵ (ਭੀ) ਦੂਰ ਕਰ ਲੈਂਦੇ ਹਨ, ਕਿਉਂਕਿ ਉਹਨਾਂ ਨੇ ਗੁਣਾਂ ਤੇ ਅਉਗਣਾਂ ਦੀ ਪਰਖ ਕਰ ਲਈ ਹੁੰਦੀ ਹੈ (ਉਹਨਾਂ ਨੂੰ ਪਤਾ ਹੁੰਦਾ ਹੈ ਕਿ ਹਉਮੈ ਅਉਗਣ ਹੈ) । ਜੇਹੜਾ ਮਨੁੱਖ ਗੁਣ ਤੇ ਅਉਗਣ ਦੀ ਪਰਖ ਕਰ ਲੈਂਦਾ ਹੈ, ਅਤੇ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਉਸ ਨੂੰ ਪ੍ਰਭੂ ਦੇ ਡਰ-ਅਦਬ ਵਿਚ ਰਹਿਣ ਕਰ ਕੇ ਪ੍ਰਭੂ ਦੀ ਭਗਤੀ ਪਿਆਰੀ ਲੱਗਦੀ ਹੈ । ਜੇਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹ ਗ੍ਰਿਹਸਤ ਵਿਚ ਹੀ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦੇ ਹਨ । ਹੇ ਭਾਈ! ਜੇਹੜੇ ਮਨੁੱਖ ਸਦਾ ਪ੍ਰਭੂ ਦੀ ਭਗਤੀ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ । ਹੇ ਨਾਨਕ! ਇਹੋ ਜਿਹੇ ਭਗਤ ਹਰ ਵੇਲੇ ਪ੍ਰਭੂ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਪਰਮਾਤਮਾ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ ।੨।

ਮਨਮੁਖ ਭਗਤਿ ਕਰਹਿ ਬਿਨੁ ਸਤਿਗੁਰ ਵਿਣੁ ਸਤਿਗੁਰ ਭਗਤਿ ਨ ਹੋਈ ਰਾਮ ॥ ਹਉਮੈ ਮਾਇਆ ਰੋਗਿ ਵਿਆਪੇ ਮਰਿ ਜਨਮਹਿ ਦੁਖੁ ਹੋਈ ਰਾਮ ॥ ਮਰਿ ਜਨਮਹਿ ਦੁਖੁ ਹੋਈ ਦੂਜੈ ਭਾਇ ਪਰਜ ਵਿਗੋਈ ਵਿਣੁ ਗੁਰ ਤਤੁ ਨ ਜਾਨਿਆ ॥ ਭਗਤਿ ਵਿਹੂਣਾ ਸਭੁ ਜਗੁ ਭਰਮਿਆ ਅੰਤਿ ਗਇਆ ਪਛੁਤਾਨਿਆ ॥ ਕੋਟਿ ਮਧੇ ਕਿਨੈ ਪਛਾਣਿਆ ਹਰਿ ਨਾਮਾ ਸਚੁ ਸੋਈ ॥ ਨਾਨਕ ਨਾਮਿ ਮਿਲੈ ਵਡਿਆਈ ਦੂਜੈ ਭਾਇ ਪਤਿ ਖੋਈ ॥੩॥ {ਪੰਨਾ ੭੬੮}

ਪਦ ਅਰਥ :—ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਕਰਹਿ—ਕਰਦੇ ਹਨ । ਰੋਗਿ—ਰੋਗ ਵਿਚ । ਵਿਆਪੇ—ਫਸੇ ਰਹਿੰਦੇ ਹਨ । ਮਰਿ ਜਨਮਹਿ—ਮਰ ਕੇ ਜੰਮਦੇ ਹਨ, ਆਤਮਕ ਮੌਤ ਸਹੇੜ ਕੇ ਜੂਨਾਂ ਵਿਚ ਪਏ ਰਹਿੰਦੇ ਹਨ । ਦੂਜੈ ਭਾਇ—ਕਿਸੇ ਹੋਰ ਦੇ ਪਿਆਰ ਵਿਚ, ਮਾਇਆ ਦੇ ਮੋਹ ਵਿਚ । ਪਰਜ—ਸ੍ਰਿਸ਼ਟੀ । ਵਿਗੋਈ—ਖ਼ੁਆਰ ਹੁੰਦੀ ਹੈ । ਤਤੁ—ਅਸਲੀਅਤ । ਵਿਹੂਣਾ—ਸੱਖਣਾ । ਭਰਮਿਆ—ਭਟਕਦਾ ਹੈ । ਅੰਤਿ—ਆਖ਼ਰ ਨੂੰ । ਕੋਟਿ ਮਧੇ—ਕ੍ਰੋੜਾਂ ਵਿਚ । ਕਿਨੈ—ਕਿਸੇ ਵਿਰਲੇ ਨੇ । ਸਚੁ—ਸਦਾ-ਥਿਰ ਰਹਿਣ ਵਾਲਾ । ਨਾਮਿ—ਨਾਮ ਵਿਚ । ਪਤਿ—ਇੱਜ਼ਤ ।੩।

ਅਰਥ :—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਗੁਰੂ ਦੀ ਸਰਨ ਪੈਣ ਤੋਂ ਬਿਨਾ (ਆਪਣੇ ਵਲੋਂ) ਪ੍ਰਭੂ ਦੀ ਭਗਤੀ ਕਰਦੇ ਹਨ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਭਗਤੀ ਹੋ ਨਹੀਂ ਸਕਦੀ । ਉਹ ਮਨੁੱਖ ਹਉਮੈ ਵਿਚ, ਮਾਇਆ ਦੇ ਰੋਗ ਵਿਚ, ਫਸੇ ਰਹਿੰਦੇ ਹਨ, ਆਤਮਕ ਮੌਤ ਸਹੇੜ ਕੇ ਉਹ ਜਨਮਾਂ ਦੇ ਗੇੜ ਵਿਚ ਪਏ ਰਹਿੰਦੇ ਹਨ, ਉਹਨਾਂ ਨੂੰ ਦੁੱਖ ਚੰਬੜਿਆ ਰਹਿੰਦਾ ਹੈ । ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਦੁਨੀਆ ਖ਼ੁਆਰ ਹੁੰਦੀ ਹੈ । ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਭੀ ਅਸਲੀਅਤ ਨੂੰ ਨਹੀਂ ਸਮਝਦਾ । ਭਗਤੀ ਤੋਂ ਸੱਖਣਾ ਸਾਰਾ ਜਗਤ ਹੀ ਭਟਕਦਾ ਫਿਰਦਾ ਹੈ, ਤੇ, ਆਖ਼ਰ ਹੱਥ ਮਲਦਾ (ਦੁਨੀਆ ਤੋਂ) ਜਾਂਦਾ ਹੈ ।

ਹੇ ਨਾਨਕ! ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਇਹ ਗੱਲ ਸਮਝੀ ਹੈ ਕਿ ਪਰਮਾਤਮਾ ਦਾ ਨਾਮ ਹੀ ਸਦਾ ਕਾਇਮ ਰਹਿਣ ਵਾਲਾ ਹੈ, ਨਾਮ ਵਿਚ ਜੁੜਿਆਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, ਅਤੇ, ਮਾਇਆ ਦੇ ਮੋਹ ਵਿਚ ਮਨੁੱਖ ਇੱਜ਼ਤ ਗਵਾ ਲੈਂਦਾ ਹੈ ।੩।

ਭਗਤਾ ਕੈ ਘਰਿ ਕਾਰਜੁ ਸਾਚਾ ਹਰਿ ਗੁਣ ਸਦਾ ਵਖਾਣੇ ਰਾਮ ॥ ਭਗਤਿ ਖਜਾਨਾ ਆਪੇ ਦੀਆ ਕਾਲੁ ਕੰਟਕੁ ਮਾਰਿ ਸਮਾਣੇ ਰਾਮ ॥ ਕਾਲੁ ਕੰਟਕੁ ਮਾਰਿ ਸਮਾਣੇ ਹਰਿ ਮਨਿ ਭਾਣੇ ਨਾਮੁ ਨਿਧਾਨੁ ਸਚੁ ਪਾਇਆ ॥ ਸਦਾ ਅਖੁਟੁ ਕਦੇ ਨ ਨਿਖੁਟੈ ਹਰਿ ਦੀਆ ਸਹਜਿ ਸੁਭਾਇਆ ॥ ਹਰਿ ਜਨ ਊਚੇ ਸਦ ਹੀ ਊਚੇ ਗੁਰ ਕੈ ਸਬਦਿ ਸੁਹਾਇਆ ॥ ਨਾਨਕ ਆਪੇ ਬਖਸਿ ਮਿਲਾਏ ਜੁਗਿ ਜੁਗਿ ਸੋਭਾ ਪਾਇਆ ॥੪॥੧॥੨॥ {ਪੰਨਾ ੭੬੯}

ਪਦ ਅਰਥ :—ਕੈ ਘਰਿ—ਦੇ ਹਿਰਦੇ ਵਿਚ । ਕਾਰਜੁ—{ਕਾਯਲ} ਕੰਮ, ਆਹਰ । ਸਾਚਾ—ਸਦਾ ਕਾਇਮ ਰਹਿਣ ਵਾਲਾ । ਵਖਾਣੇ—ਉਚਾਰੇ । ਆਪੇ—ਆਪ ਹੀ । ਕੰਟਕੁ—ਕੰਡਾ, ਕੰਡੇ ਵਾਂਗ ਚੁੱਭਣ ਵਾਲਾ, ਦੁਖਦਾਈ । ਮਾਰਿ—ਮਾਰ ਕੇ । ਸਮਾਣੇ—ਲੀਨ ਰਹੇ । ਮਨਿ—ਮਨ ਵਿਚ । ਭਾਣੇ—ਚੰਗੇ ਲੱਗੇ । ਨਿਧਾਨੁ—ਖ਼ਜ਼ਾਨਾ । ਸਚੁ—ਸਦਾ ਕਾਇਮ ਰਹਿਣ ਵਾਲਾ । ਅਖੁਟੁ—ਕਦੇ ਨਾਹ ਮੁੱਕਣ ਵਾਲਾ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇਆ—ਸੁਭਾਇ, ਪ੍ਰੇਮ ਵਿਚ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਜੁਗਿ ਜੁਗਿ—ਹਰੇਕ ਜੁਗ ਵਿਚ ।੪।

ਅਰਥ :—ਪਰਮਾਤਮਾ ਦੇ ਗੁਣ ਸਦਾ ਗਾਂਦੇ ਰਹਿਣ ਕਰ ਕੇ ਭਗਤਾਂ ਦੇ ਹਿਰਦੇ-ਘਰ ਵਿਚ ਇਹ ਆਹਰ ਸਦਾ ਲਈ ਬਣਿਆ ਰਹਿੰਦਾ ਹੈ । ਭਗਤੀ ਦਾ ਖ਼ਜ਼ਾਨਾ ਪਰਮਾਤਮਾ ਨੇ ਆਪ ਹੀ ਆਪਣੇ ਭਗਤਾਂ ਨੂੰ ਦਿੱਤਾ ਹੋਇਆ ਹੈ, (ਇਸ ਦੀ ਬਰਕਤਿ ਨਾਲ ਉਹ) ਦੁਖਦਾਈ ਮੌਤ ਦੇ ਡਰ ਨੂੰ ਮਾਰ-ਮੁਕਾ ਕੇ (ਪਰਮਾਤਮਾ ਵਿਚ) ਲੀਨ ਰਹਿੰਦੇ ਹਨ । ਦੁਖਦਾਈ ਮੌਤ ਦੇ ਡਰ ਨੂੰ ਮੁਕਾ ਕੇ ਭਗਤ ਪਰਮਾਤਮਾ ਵਿਚ ਲੀਨ ਰਹਿੰਦੇ ਹਨ, ਪਰਮਾਤਮਾ ਦੇ ਮਨ ਵਿਚ ਪਿਆਰੇ ਲੱਗਦੇ ਹਨ, (ਪਰਮਾਤਮਾ ਪਾਸੋਂ ਭਗਤ) ਸਦਾ ਕਾਇਮ ਰਹਿਣ ਵਾਲਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਲੈਂਦੇ ਹਨ । ਇਹ ਖ਼ਜ਼ਾਨਾ ਅਮੁੱਕ ਹੈ, ਕਦੇ ਨਹੀਂ ਮੁੱਕਦਾ । ਪਰਮਾਤਮਾ ਨੇ ਉਹਨਾਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕੇ ਹੋਇਆਂ ਨੂੰ ਇਹ ਖ਼ਜ਼ਾਨਾ ਦੇ ਦਿੱਤਾ । (ਇਸ ਖ਼ਜ਼ਾਨੇ ਦਾ ਸਦਕਾ) ਭਗਤ ਸਦਾ ਹੀ ਉੱਚੇ ਆਤਮਕ ਮੰਡਲ ਵਿਚ ਟਿਕੇ ਰਹਿੰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ ।

ਹੇ ਨਾਨਕ! ਪਰਮਾਤਮਾ ਆਪ ਹੀ ਮੇਹਰ ਕਰ ਕੇ ਉਹਨਾਂ ਨੂੰ ਚਰਨਾਂ ਵਿਚ ਜੋੜੀ ਰੱਖਦਾ ਹੈ, ਹਰੇਕ ਜੁਗ ਵਿਚ ਉਹ ਸੋਭਾ ਖੱਟਦੇ ਹਨ ।੪।੧।੨।

ਸੂਹੀ ਮਹਲਾ ੩ ॥ ਸਬਦਿ ਸਚੈ ਸਚੁ ਸੋਹਿਲਾ ਜਿਥੈ ਸਚੇ ਕਾ ਹੋਇ ਵੀਚਾਰੋ ਰਾਮ ॥ ਹਉਮੈ ਸਭਿ ਕਿਲਵਿਖ ਕਾਟੇ ਸਾਚੁ ਰਖਿਆ ਉਰਿ ਧਾਰੇ ਰਾਮ ॥ ਸਚੁ ਰਖਿਆ ਉਰ ਧਾਰੇ ਦੁਤਰੁ ਤਾਰੇ ਫਿਰਿ ਭਵਜਲੁ ਤਰਣੁ ਨ ਹੋਈ ॥ ਸਚਾ ਸਤਿਗੁਰੁ ਸਚੀ ਬਾਣੀ ਜਿਨਿ ਸਚੁ ਵਿਖਾਲਿਆ ਸੋਈ ॥ ਸਾਚੇ ਗੁਣ ਗਾਵੈ ਸਚਿ ਸਮਾਵੈ ਸਚੁ ਵੇਖੈ ਸਭੁ ਸੋਈ ॥ ਨਾਨਕ ਸਾਚਾ ਸਾਹਿਬੁ ਸਾਚੀ ਨਾਈ ਸਚੁ ਨਿਸਤਾਰਾ ਹੋਈ ॥੧॥ {ਪੰਨਾ ੭੬੯}

ਪਦ ਅਰਥ :—ਸਬਦਿ ਸਚੈ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਦੀ ਰਾਹੀਂ । ਸੋਹਿਲਾ—{ਸੁਖ ਕੇਲ:} ਆਤਮਕ ਆਨੰਦ ਦੇਣ ਵਾਲਾ ਗੀਤ । ਜਿਥੈ—ਜਿਸ ਹਿਰਦੇ-ਘਰ ਵਿਚ । ਸਭਿ ਕਿਲਵਿਖ—ਸਾਰੇ ਪਾਪ । ਸਚੁ—ਸਦਾ-ਥਿਰ । ਉਰਿ—ਹਿਰਦੇ ਵਿਚ । ਦੁਤਰੁ—ਜਿਸ ਨੂੰ ਤਰਨਾ ਬਹੁਤ ਔਖਾ ਹੈ । ਭਵਜਲੁ—ਸੰਸਾਰ-ਸਮੁੰਦਰ । ਤਰਣੁ ਨ ਹੋਈ—ਤਰਨ ਦੀ ਲੋੜ ਨਹੀਂ ਪੈਂਦੀ । ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਭਰਪੂਰ ਬਾਣੀ । ਜਿਨਿ—ਜਿਸ (ਗੁਰੂ) ਨੇ । ਸਚੁ—ਸਦਾ-ਥਿਰ ਪ੍ਰਭੂ । ਸਚਿ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ । ਨਾਈ—ਵਡਿਆਈ {Ôਨਾ, ਅਰਬੀ ਲਫ਼ਜ਼} । ਸਚੁ ਨਿਸਤਾਰਾ—ਸਦਾ ਲਈ ਪਾਰ-ਉਤਾਰਾ ।੧।

ਅਰਥ :—ਹੇ ਭਾਈ! ਜਿਸ ਮਨੁੱਖ ਦੇ ਹਿਰਦੇ-ਘਰ ਵਿਚ ਸੱਚੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਹੁੰਦਾ ਰਹਿੰਦਾ ਹੈ, ਸਦਾ-ਥਿਰ ਪ੍ਰਭੂ ਦੇ ਗੁਣਾਂ ਦੀ ਵਿਚਾਰ ਹੁੰਦੀ ਰਹਿੰਦੀ ਹੈ, ਉਸ ਦੇ ਅੰਦਰੋਂ ਹਉਮੈ ਆਦਿਕ ਸਾਰੇ ਪਾਪ ਕੱਟੇ ਜਾਂਦੇ ਹਨ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ । ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ, ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ । ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਦੀ ਮੁੜ ਮੁੜ ਉਸ ਨੂੰ ਲੋੜ ਨਹੀਂ ਰਹਿੰਦੀ । ਹੇ ਭਾਈ! ਜਿਸ ਗੁਰੂ ਨੇ ਉਸ ਨੂੰ ਸਦਾ-ਥਿਰ ਪ੍ਰਭੂ ਦਾ ਦਰਸਨ ਕਰਾ ਦਿੱਤਾ ਹੈ, ਉਹ ਆਪ ਭੀ ਸਦਾ-ਥਿਰ ਪ੍ਰਭੂ ਦਾ ਰੂਪ ਹੈ, ਉਸ ਦੀ ਬਾਣੀ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਭਰਪੂਰ ਹੈ । (ਗੁਰੂ ਦੀ ਕਿਰਪਾ ਨਾਲ) ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ, ਉਸ ਵਿਚ ਹੀ ਲੀਨ ਰਹਿੰਦਾ ਹੈ, ਅਤੇ ਉਸ ਨੂੰ ਹਰ ਥਾਂ ਵੱਸਿਆ ਵੇਖਦਾ ਹੈ । ਹੇ ਨਾਨਕ! ਜੇਹੜਾ ਪਰਮਾਤਮਾ ਆਪ ਸਦਾ-ਥਿਰ ਹੈ, ਜਿਸ ਦੀ ਵਡਿਆਈ ਸਦਾ-ਥਿਰ ਹੈ ਉਹ ਉਸ ਮਨੁੱਖ ਦਾ ਸਦਾ ਲਈ ਪਾਰ-ਉਤਾਰਾ ਕਰ ਦੇਂਦਾ ਹੈ ।੧।

ਸਾਚੈ ਸਤਿਗੁਰਿ ਸਾਚੁ ਬੁਝਾਇਆ ਪਤਿ ਰਾਖੈ ਸਚੁ ਸੋਈ ਰਾਮ ॥ ਸਚਾ ਭੋਜਨੁ ਭਾਉ ਸਚਾ ਹੈ ਸਚੈ ਨਾਮਿ ਸੁਖੁ ਹੋਈ ਰਾਮ ॥ ਸਾਚੈ ਨਾਮਿ ਸੁਖੁ ਹੋਈ ਮਰੈ ਨ ਕੋਈ ਗਰਭਿ ਨ ਜੂਨੀ ਵਾਸਾ ॥ ਜੋਤੀ ਜੋਤਿ ਮਿਲਾਈ ਸਚਿ ਸਮਾਈ ਸਚਿ ਨਾਇ ਪਰਗਾਸਾ ॥ ਜਿਨੀ ਸਚੁ ਜਾਤਾ ਸੇ ਸਚੇ ਹੋਏ ਅਨਦਿਨੁ ਸਚੁ ਧਿਆਇਨਿ ॥ ਨਾਨਕ ਸਚੁ ਨਾਮੁ ਜਿਨ ਹਿਰਦੈ ਵਸਿਆ ਨਾ ਵੀਛੁੜਿ ਦੁਖੁ ਪਾਇਨਿ ॥੨॥ {ਪੰਨਾ ੭੬੯}

ਪਦ ਅਰਥ :—ਸਚੈ ਸਤਿਗੁਰਿ—ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਨੇ । ਸਾਚੁ—ਸਦਾ-ਥਿਰ ਪ੍ਰਭੂ । ਪਤਿ—ਇੱਜ਼ਤ । ਭਾਉ ਸਚਾ—ਸਦਾ ਕਾਇਮ ਰਹਿਣ ਵਾਲਾ ਪ੍ਰੇਮ । ਨਾਮਿ—ਨਾਮ ਵਿਚ । ਮਰੈ ਨ—ਆਤਮਕ ਮੌਤ ਨਹੀਂ ਸਹੇੜਦਾ । ਗਰਭਿ—ਮਾਂ ਦੇ ਪੇਟ ਵਿਚ । ਜੋਤੀ—ਪਰਮਾਤਮਾ ਦੀ ਜੋਤਿ ਵਿਚ । ਸਚਿ—ਸਦਾ-ਥਿਰ ਪ੍ਰਭੂ ਵਿਚ । ਸਚਿ ਨਾਇ—ਸਦਾ-ਥਿਰ ਹਰਿ-ਨਾਮ ਦੀ ਬਰਕਤਿ ਨਾਲ । ਜਿਨਿ—ਜਿਨ੍ਹਾਂ ਮਨੁੱਖਾਂ ਨੇ । ਜਾਤਾ—ਡੂੰਘੀ ਸਾਂਝ ਪਾ ਲਈ । ਅਨਦਿਨੁ—ਹਰ ਰੋਜ਼, ਹਰ ਵੇਲੇ । ਧਿਆਇਨਿ—ਧਿਆਉਂਦੇ ਹਨ । ਹਿਰਦੈ—ਹਿਰਦੇ ਵਿਚ । ਵੀਛੁੜਿ—ਵਿਛੁੜ ਕੇ । ਨ ਪਾਇਨਿ—ਨਹੀਂ ਪਾਂਦੇ ।੨।

ਅਰਥ :—ਹੇ ਭਾਈ! ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਨੇ ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦਾ ਗਿਆਨ ਦੇ ਦਿੱਤਾ ਉਸ ਦੀ ਲਾਜ ਸਦਾ-ਥਿਰ ਪ੍ਰਭੂ ਆਪ ਰੱਖਦਾ ਹੈ । ਪ੍ਰਭੂ-ਚਰਨਾਂ ਨਾਲ ਅਟੱਲ ਪਿਆਰ ਉਸ ਮਨੁੱਖ ਦੀ ਆਤਮਕ ਖ਼ੁਰਾਕ ਬਣ ਜਾਂਦਾ ਹੈ, ਸਦਾ-ਥਿਰ ਹਰਿ-ਨਾਮ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ । ਜਿਸ ਭੀ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਆਤਮਕ ਆਨੰਦ ਲੱਭਦਾ ਹੈ, ਉਹ ਕਦੇ ਆਤਮਕ ਮੌਤ ਨਹੀਂ ਸਹੇੜਦਾ, ਉਹ ਜਨਮ ਮਰਨ ਦੇ ਗੇੜ ਵਿਚ ਜੂਨਾਂ ਵਿਚ ਨਹੀਂ ਪੈਂਦਾ । (ਗੁਰੂ ਨੇ ਜਿਸ ਮਨੁੱਖ ਦੀ) ਸੁਰਤਿ ਪਰਮਾਤਮਾ ਦੀ ਜੋਤਿ ਵਿਚ ਮਿਲਾ ਦਿੱਤੀ, ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ, ਸਦਾ-ਥਿਰ ਹਰਿ-ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਪੈਦਾ ਹੋ ਜਾਂਦਾ ਹੈ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਉਹ ਉਸੇ ਦਾ ਰੂਪ ਬਣ ਗਏ, ਉਹ ਹਰ ਵੇਲੇ ਉਸ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦੇ ਰਹਿੰਦੇ ਹਨ । ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, ਉਹ ਫਿਰ ਪਰਮਾਤਮਾ ਦੇ ਚਰਨਾਂ ਤੋਂ ਵਿਛੁੜ ਕੇ ਦੁੱਖ ਨਹੀਂ ਪਾਂਦੇ ।੨।

ਸਚੀ ਬਾਣੀ ਸਚੇ ਗੁਣ ਗਾਵਹਿ ਤਿਤੁ ਘਰਿ ਸੋਹਿਲਾ ਹੋਈ ਰਾਮ ॥ ਨਿਰਮਲ ਗੁਣ ਸਾਚੇ ਤਨੁ ਮਨੁ ਸਾਚਾ ਵਿਚਿ ਸਾਚਾ ਪੁਰਖੁ ਪ੍ਰਭੁ ਸੋਈ ਰਾਮ ॥ ਸਭੁ ਸਚੁ ਵਰਤੈ ਸਚੋ ਬੋਲੈ ਜੋ ਸਚੁ ਕਰੈ ਸੁ ਹੋਈ ॥ ਜਹ ਦੇਖਾ ਤਹ ਸਚੁ ਪਸਰਿਆ ਅਵਰੁ ਨ ਦੂਜਾ ਕੋਈ ॥ ਸਚੇ ਉਪਜੈ ਸਚਿ ਸਮਾਵੈ ਮਰਿ ਜਨਮੈ ਦੂਜਾ ਹੋਈ ॥ ਨਾਨਕ ਸਭੁ ਕਿਛੁ ਆਪੇ ਕਰਤਾ ਆਪਿ ਕਰਾਵੈ ਸੋਈ ॥੩॥ {ਪੰਨਾ ੭੬੯}

ਪਦ ਅਰਥ :—ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ । ਗਾਵਹਿ—ਗਾਂਦੇ ਹਨ । ਤਿਤੁ ਘਰਿ—(ਉਹਨਾਂ ਦੇ) ਉਸ ਹਿਰਦੇ-ਘਰ ਵਿਚ । ਸੋਹਿਲਾ—{ਸੁਖ ਕੇਲ:} ਖ਼ੁਸ਼ੀ ਦਾ ਗੀਤ, ਆਨੰਦ ਦੀ ਰੌ । ਸਚਾ—ਸਦਾ-ਥਿਰ, ਅਡੋਲ । ਸਭੁ—ਹਰ ਥਾਂ । ਸਚੋ—ਸੱਚ ਹੀ, ਸਦਾ-ਥਿਰ ਪ੍ਰਭੂ ਹੀ । ਜਹ ਦੇਖਾ—ਜਿਧਰ ਉਹਨਾਂ ਵੇਖਿਆ । ਤਹ—ਉਧਰ (ਹੀ) । ਸਚੇ ਉਪਜੈ—(ਜੇਹੜਾ ਮਨੁੱਖ) ਸਦਾ-ਥਿਰ ਪ੍ਰਭੂ ਤੋਂ ਨਵਾਂ ਆਤਮਕ ਜੀਵਨ ਲੈਂਦਾ ਹੈ । ਸਚਿ—ਸਦਾ-ਥਿਰ ਪ੍ਰਭੂ ਵਿਚ ।੩।

ਅਰਥ :—ਹੇ ਭਾਈ! (ਜੇਹੜੇ ਮਨੁੱਖ ਆਪਣੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਹਨ (ਉਹਨਾਂ ਦੀ) ਉਸ ਹਿਰਦੇ-ਘਰ ਵਿਚ ਆਨੰਦ ਦੀ ਰੌ ਬਣੀ ਰਹਿੰਦੀ ਹੈ । ਸਦਾ-ਥਿਰ ਪ੍ਰਭੂ ਦੇ ਪਵਿਤ੍ਰ ਗੁਣਾਂ ਦੀ ਬਰਕਤਿ ਨਾਲ ਉਹਨਾਂ ਦਾ ਮਨ ਉਹਨਾਂ ਦਾ ਤਨ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ । ਉਹਨਾਂ ਦੇ ਅੰਦਰ ਸਦਾ-ਥਿਰ ਪ੍ਰਭੂ-ਪੁਰਖ ਪਰਤੱਖ ਪਰਗਟ ਹੋ ਜਾਂਦਾ ਹੈ । (ਉਹਨਾਂ ਨੂੰ ਯਕੀਨ ਬਣ ਜਾਂਦਾ ਹੈ ਕਿ) ਹਰ ਥਾਂ ਸਦਾ-ਥਿਰ ਪ੍ਰਭੂ ਕੰਮ ਕਰ ਰਿਹਾ ਹੈ, ਉਹ ਹੀ ਬੋਲ ਰਿਹਾ ਹੈ, ਜੋ ਕੁਝ ਉਹ ਕਰਦਾ ਹੈ ਉਹੀ ਹੁੰਦਾ ਹੈ । ਜਿਧਰ ਵੀ ਉਹਨਾਂ ਨਿਗਾਹ ਕੀਤੀ, ਉਧਰ ਹੀ ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਪਸਾਰਾ ਦਿੱਸਿਆ । ਪ੍ਰਭੂ ਤੋਂ ਬਿਨਾ ਉਹਨਾਂ ਨੂੰ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ ।

ਹੇ ਭਾਈ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਤੋਂ ਨਵਾਂ ਆਤਮਕ ਜੀਵਨ ਪ੍ਰਾਪਤ ਕਰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਹੀ ਲੀਨ ਰਹਿੰਦਾ ਹੈ । ਪਰ ਮਾਇਆ ਨਾਲ ਪਿਆਰ ਕਰਨ ਵਾਲਾ ਜਨਮ ਮਰਨ ਵਿਚ ਪਿਆ ਰਹਿੰਦਾ ਹੈ । ਹੇ ਨਾਨਕ! ਕਰਤਾਰ ਆਪ ਹੀ ਸਭ ਕੁਝ ਕਰ ਰਿਹਾ ਹੈ, ਆਪ ਹੀ ਜੀਵਾਂ ਪਾਸੋਂ ਕਰਾ ਰਿਹਾ ਹੈ ।੩।

ਸਚੇ ਭਗਤ ਸੋਹਹਿ ਦਰਵਾਰੇ ਸਚੋ ਸਚੁ ਵਖਾਣੇ ਰਾਮ ॥ ਘਟ ਅੰਤਰੇ ਸਾਚੀ ਬਾਣੀ ਸਾਚੋ ਆਪਿ ਪਛਾਣੇ ਰਾਮ ॥ ਆਪੁ ਪਛਾਣਹਿ ਤਾ ਸਚੁ ਜਾਣਹਿ ਸਾਚੇ ਸੋਝੀ ਹੋਈ ॥ ਸਚਾ ਸਬਦੁ ਸਚੀ ਹੈ ਸੋਭਾ ਸਾਚੇ ਹੀ ਸੁਖੁ ਹੋਈ ॥ ਸਾਚਿ ਰਤੇ ਭਗਤ ਇਕ ਰੰਗੀ ਦੂਜਾ ਰੰਗੁ ਨ ਕੋਈ ॥ ਨਾਨਕ ਜਿਸ ਕਉ ਮਸਤਕਿ ਲਿਖਿਆ ਤਿਸੁ ਸਚੁ ਪਰਾਪਤਿ ਹੋਈ ॥੪॥੨॥੩॥ {ਪੰਨਾ ੭੬੯}

ਪਦ ਅਰਥ :—ਸਚੇ ਭਗਤ—ਸਦਾ-ਥਿਰ ਪ੍ਰਭੂ ਦੇ ਭਗਤ । ਦਰਵਾਰੇ—ਦਰਬਾਰਿ, (ਪ੍ਰਭੂ ਦੀ) ਹਜ਼ੂਰੀ ਵਿਚ । ਸਚੋ ਸਚੁ—ਸਚੁ ਹੀ ਸਚੁ, ਸਦਾ-ਥਿਰ ਪ੍ਰਭੂ ਦਾ ਨਾਮ ਹੀ ਨਾਮ । ਅੰਤਰੇ—ਅੰਦਰ । ਘਟ—ਹਿਰਦਾ । ਸਾਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਸਾਚੋ—ਸਾਚੁ ਹੀ, ਸਦਾ-ਥਿਰ ਪ੍ਰਭੂ ਨੂੰ ਹੀ । ਆਪਿ—ਆਪਣੇ ਅੰਦਰ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਜਾਣਹਿ—ਡੂੰਘੀ ਸਾਂਝ ਪਾਂਦੇ ਹਨ । ਸਾਚਿ—ਸਦਾ-ਥਿਰ ਹਰਿ-ਨਾਮ ਵਿਚ । ਇਕ ਰੰਗੀ—ਇਕ ਪ੍ਰਭੂ ਦੇ ਹੀ ਪ੍ਰੇਮ-ਰੰਗ ਵਾਲੇ । ਜਿਸ ਕਉ—{ਲਫ਼ਜ਼ 'ਜਿਸੁ' ਦਾ _ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ} । ਮਸਤਕਿ—ਮੱਥੇ ਉਤੇ ।੪।

ਅਰਥ :—ਹੇ ਭਾਈ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਭਗਤ ਉਸ ਸਦਾ-ਥਿਰ ਪ੍ਰਭੂ ਦਾ ਨਾਮ ਹੀ ਹਰ ਵੇਲੇ ਉਚਾਰ ਉਚਾਰ ਕੇ ਉਸ ਦੀ ਹਜ਼ੂਰੀ ਵਿਚ ਸੋਭਾ ਪਾਂਦੇ ਹਨ । ਉਹਨਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਸਦਾ ਵੱਸਦੀ ਹੈ । ਉਹ ਸਦਾ-ਥਿਰ ਪ੍ਰਭੂ ਨੂੰ ਆਪਣੇ ਅੰਦਰ ਵੱਸਦਾ ਵੇਖਦੇ ਹਨ । ਜਦੋਂ ਭਗਤ-ਜਨ ਆਪਣੇ ਆਤਮਕ ਜੀਵਨ ਦੀ ਪੜਤਾਲ ਕਰਦੇ ਹਨ, ਤਦੋਂ ਉਹ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾਂਦੇ ਹਨ, ਉਹਨਾਂ ਨੂੰ ਉਸ ਸਦਾ-ਥਿਰ ਪ੍ਰਭੂ ਦੀ ਜਾਣ-ਪਛਾਣ ਹੋ ਜਾਂਦੀ ਹੈ । ਉਹਨਾਂ ਦੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਗੁਰ-ਸ਼ਬਦ ਵੱਸਦਾ ਰਹਿੰਦਾ ਹੈ, (ਇਸ ਕਰ ਕੇ ਲੋਕ ਪਰਲੋਕ ਵਿਚ) ਉਹਨਾਂ ਨੂੰ ਸਦਾ ਲਈ ਸੋਭਾ ਮਿਲ ਜਾਂਦੀ ਹੈ । ਪ੍ਰਭੂ ਵਿਚ ਜੁੜਨ ਕਰ ਕੇ ਉਹਨਾਂ ਨੂੰ ਆਤਮਕ ਆਨੰਦ ਮਿਲਿਆ ਰਹਿੰਦਾ ਹੈ । ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੇ ਪ੍ਰੇਮ-ਰੰਗ) ਵਿਚ ਰੰਗੇ ਹੋਏ ਭਗਤ ਜਨ ਇਕੋ ਪ੍ਰਭੂ-ਪ੍ਰੇਮ ਦੇ ਰੰਗ ਵਿਚ ਹੀ ਰਹਿੰਦੇ ਹਨ । ਕੋਈ ਹੋਰ (ਮਾਇਆ ਦੇ ਮੋਹ ਆਦਿਕ ਦਾ) ਰੰਗ ਉਹਨਾਂ ਨੂੰ ਨਹੀਂ ਚੜ੍ਹਦਾ ।

ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ (ਪ੍ਰਭੂ-ਮਿਲਾਪ ਦਾ ਲੇਖ) ਲਿਖਿਆ ਹੁੰਦਾ ਹੈ, ਉਸ ਨੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ ।੪।੨।੩।

ਸੂਹੀ ਮਹਲਾ ੩ ॥ ਜੁਗ ਚਾਰੇ ਧਨ ਜੇ ਭਵੈ ਬਿਨੁ ਸਤਿਗੁਰ ਸੋਹਾਗੁ ਨ ਹੋਈ ਰਾਮ ॥ ਨਿਹਚਲੁ ਰਾਜੁ ਸਦਾ ਹਰਿ ਕੇਰਾ ਤਿਸੁ ਬਿਨੁ ਅਵਰੁ ਨ ਕੋਈ ਰਾਮ ॥ ਤਿਸੁ ਬਿਨੁ ਅਵਰੁ ਨ ਕੋਈ ਸਦਾ ਸਚੁ ਸੋਈ ਗੁਰਮੁਖਿ ਏਕੋ ਜਾਣਿਆ ॥ ਧਨ ਪਿਰ ਮੇਲਾਵਾ ਹੋਆ ਗੁਰਮਤੀ ਮਨੁ ਮਾਨਿਆ ॥ ਸਤਿਗੁਰੁ ਮਿਲਿਆ ਤਾ ਹਰਿ ਪਾਇਆ ਬਿਨੁ ਹਰਿ ਨਾਵੈ ਮੁਕਤਿ ਨ ਹੋਈ ॥ ਨਾਨਕ ਕਾਮਣਿ ਕੰਤੈ ਰਾਵੇ ਮਨਿ ਮਾਨਿਐ ਸੁਖੁ ਹੋਈ ॥੧॥ {ਪੰਨਾ ੭੬੯-੭੭੦}

ਪਦ ਅਰਥ :—ਜੁਗ ਚਾਰੇ—ਚੌਹਾਂ ਹੀ ਜੁਗਾਂ ਵਿਚ । ਧਨ—ਜੀਵ-ਇਸਤ੍ਰੀ । ਸੋਹਾਗੁ—ਪ੍ਰਭੂ-ਪਤੀ ਦਾ ਮਿਲਾਪ । ਨਿਹਚਲੁ—ਅਟੱਲ, ਕਦੇ ਨਾਹ ਹਿੱਲਣ ਵਾਲਾ । ਕੇਰਾ—ਦਾ । ਸਚੁ—ਸਦਾ ਕਾਇਮ ਰਹਿਣ ਵਾਲਾ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲਾ ਮਨੁੱਖ । ਏਕੋ—ਇਕ ਪਰਮਾਤਮਾ ਹੀ । ਮੇਲਾਵਾ—ਮਿਲਾਪ । ਗੁਰਮਤੀ—ਗੁਰੂ ਦੀ ਮਤਿ ਉਤੇ ਤੁਰਿਆਂ । ਕਾਮਣਿ—ਜੀਵ-ਇਸਤ੍ਰੀ । ਕੰਤੈ ਰਾਵੈ—ਖਸਮ-ਪ੍ਰਭੂ ਨੂੰ ਹਿਰਦੇ ਵਿਚ ਵਸਾਂਦੀ ਹੈ । ਰਾਵੇ—ਮਿਲਾਪ ਮਾਣਦੀ ਹੈ । ਮਨਿ ਮਾਨਿਐ—ਜੇ ਮਨ ਪਤੀਜ ਜਾਏ ।੧।

ਅਰਥ :—ਹੇ ਭਾਈ! (ਜੁਗ ਚਾਹੇ ਕੋਈ ਭੀ ਹੋਵੇ) ਗੁਰੂ (ਦੀ ਸਰਨ ਪੈਣ) ਤੋਂ ਬਿਨਾ ਖਸਮ-ਪ੍ਰਭੂ ਦਾ ਮਿਲਾਪ ਨਹੀਂ ਹੁੰਦਾ, ਜੀਵ-ਇਸਤ੍ਰੀ ਭਾਵੇਂ ਚੌਹਾਂ ਜੁਗਾਂ ਵਿਚ ਭਟਕਦੀ ਫਿਰੇ । ਉਸ ਪ੍ਰਭੂ-ਪਤੀ ਦਾ ਹੁਕਮ ਅਟੱਲ ਹੈ (ਕਿ ਗੁਰੂ ਦੀ ਰਾਹੀਂ ਹੀ ਉਸ ਦਾ ਮਿਲਾਪ ਪ੍ਰਾਪਤ ਹੁੰਦਾ ਹੈ) । ਉਸ ਤੋਂ ਬਿਨਾ ਕੋਈ ਹੋਰ ਉਸ ਦੀ ਬਰਾਬਰੀ ਦਾ ਨਹੀਂ (ਜੋ ਇਸ ਹੁਕਮ ਨੂੰ ਬਦਲਾਅ ਸਕੇ) । ਹੇ ਭਾਈ! ਉਸ ਪ੍ਰਭੂ ਤੋਂ ਬਿਨਾ ਉਸ ਵਰਗਾ ਹੋਰ ਕੋਈ ਨਹੀਂ । ਉਹ ਪ੍ਰਭੂ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ । ਗੁਰੂ ਦੇ ਸਨਮੁਖ ਰਹਿਣ ਵਾਲੀ ਜੀਵ-ਇਸਤ੍ਰੀ ਉਸ ਇੱਕ ਨਾਲ ਹੀ ਡੂੰਘੀ ਸਾਂਝ ਬਣਾਂਦੀ ਹੈ । ਜਦੋਂ ਗੁਰੂ ਦੀ ਮਤਿ ਉਤੇ ਤੁਰ ਕੇ ਜੀਵ-ਇਸਤ੍ਰੀ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਂਦਾ ਹੈ, ਤਦੋਂ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ ।

ਹੇ ਭਾਈ! ਜਦੋਂ ਗੁਰੂ ਮਿਲਦਾ ਹੈ ਤਦੋਂ ਹੀ ਪ੍ਰਭੂ ਦੀ ਪ੍ਰਾਪਤੀ ਹੁੰਦੀ ਹੈ (ਗੁਰੂ ਹੀ ਪ੍ਰਭੂ ਦਾ ਨਾਮ ਜੀਵ-ਇਸਤ੍ਰੀ ਦੇ ਹਿਰਦੇ ਵਿਚ ਵਸਾਂਦਾ ਹੈ, ਤੇ ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਨਹੀਂ ਹੁੰਦੀ । ਹੇ ਨਾਨਕ! ਜੇ ਮਨ ਪ੍ਰਭੂ ਦੀ ਯਾਦ ਵਿਚ ਗਿੱਝ ਜਾਏ, ਤਾਂ ਜੀਵ-ਇਸਤ੍ਰੀ ਪ੍ਰਭੂ ਦਾ ਮਿਲਾਪ ਮਾਣਦੀ ਹੈ, ਉਸ ਦੇ ਹਿਰਦੇ ਵਿਚ ਆਨੰਦ ਪੈਦਾ ਹੋਇਆ ਰਹਿੰਦਾ ਹੈ ।੧।

ਸਤਿਗੁਰੁ ਸੇਵਿ ਧਨ ਬਾਲੜੀਏ ਹਰਿ ਵਰੁ ਪਾਵਹਿ ਸੋਈ ਰਾਮ ॥ ਸਦਾ ਹੋਵਹਿ ਸੋਹਾਗਣੀ ਫਿਰਿ ਮੈਲਾ ਵੇਸੁ ਨ ਹੋਈ ਰਾਮ ॥ ਫਿਰਿ ਮੈਲਾ ਵੇਸੁ ਨ ਹੋਈ ਗੁਰਮੁਖਿ ਬੂਝੈ ਕੋਈ ਹਉਮੈ ਮਾਰਿ ਪਛਾਣਿਆ ॥ ਕਰਣੀ ਕਾਰ ਕਮਾਵੈ ਸਬਦਿ ਸਮਾਵੈ ਅੰਤਰਿ ਏਕੋ ਜਾਣਿਆ ॥ ਗੁਰਮੁਖਿ ਪ੍ਰਭੁ ਰਾਵੇ ਦਿਨੁ ਰਾਤੀ ਆਪਣਾ ਸਾਚੀ ਸੋਭਾ ਹੋਈ ॥ ਨਾਨਕ ਕਾਮਣਿ ਪਿਰੁ ਰਾਵੇ ਆਪਣਾ ਰਵਿ ਰਹਿਆ ਪ੍ਰਭੁ ਸੋਈ ॥੨॥ {ਪੰਨਾ ੭੭੦}

ਪਦ ਅਰਥ :—ਸੇਵਿ—ਸੇਵਾ ਕਰ, ਸਰਨ ਪਉ । ਧਨ ਬਾਲੜੀਏ—ਹੇ ਅੰਞਾਣ ਜਿੰਦੇ । ਵਰੁ—ਖਸਮ । ਪਾਵਹਿ—ਤੂੰ ਲੱਭ ਲਏਂਗੀ । ਹੋਵਹਿ—ਤੂੰ ਰਹੇਂਗੀ । ਸੋਹਾਗਣੀ—ਖਸਮ ਵਾਲੀ । ਮੈਲਾ ਵੇਸੁ—{ਨੋਟ :—ਵਿਧਵਾ ਇਸਤ੍ਰੀ ਨੂੰ ਮੈਲੇ ਕੱਪੜੇ ਪਾਣੇ ਪੈਂਦੇ ਹਨ} ਰੰਡੇਪਾ, ਪ੍ਰਭੂ-ਪਤੀ ਤੋਂ ਵਿਛੋੜਾ । ਗੁਰਮੁਖਿ—ਗੁਰੂ ਦੀ ਸਰਣ ਰਹਿਣ ਵਾਲੀ ਜੀਵ-ਇਸਤ੍ਰੀ । ਕੋਈ—ਕੋਈ ਵਿਰਲੀ । ਕਰਣੀ ਕਾਰ—ਉਹ ਕਾਰ ਜੇਹੜੀ ਕਰਨੀ ਚਾਹੀਦੀ ਹੈ, ਕਰਨ-ਜੋਗ ਕਾਰ ।

ਸਬਦਿ—ਸ਼ਬਦ ਵਿਚ । ਏਕੋ ਜਾਣਿਆ—ਇਕ ਪ੍ਰਭੂ ਨਾਲ ਹੀ ਸਾਂਝ ਪਾਈ ਹੈ । ਰਾਵੇ—ਸਿਮਰਦੀ ਹੈ । ਸਾਚੀ—ਸਦਾ ਕਾਇਮ ਰਹਿਣ ਵਾਲੀ । ਕਾਮਣਿ—ਜੀਵ-ਇਸਤ੍ਰੀ । ਰਵਿ ਰਹਿਆ—ਜੋ ਸਭ ਥਾਂ ਮੌਜੂਦ ਹੈ ।੨।

ਅਰਥ :—ਹੇ ਅੰਞਾਣ ਜਿੰਦੇ! ਗੁਰੂ ਦੀ ਦੱਸੀ ਕਾਰ ਕਰਿਆ ਕਰ, (ਇਸ ਤਰ੍ਹਾਂ ਤੂੰ ਪ੍ਰਭੂ-ਪਤੀ ਨੂੰ ਪ੍ਰਾਪਤ ਕਰ ਲਏਂਗੀ । ਤੂੰ ਸਦਾ ਵਾਸਤੇ ਖਸਮ-ਵਾਲੀ ਹੋ ਜਾਏਂਗੀ, ਫਿਰ ਕਦੇ ਪ੍ਰਭੂ-ਪਤੀ ਨਾਲੋਂ ਵਿਛੋੜਾ ਨਹੀਂ ਹੋਏਗਾ! ਕੋਈ ਵਿਰਲੀ ਜੀਵ-ਇਸਤ੍ਰੀ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਇਹ ਗੱਲ ਸਮਝਦੀ ਹੈ (ਕਿ ਗੁਰੂ ਦੀ ਰਾਹੀਂ ਪ੍ਰਭੂ ਨਾਲ ਮਿਲਾਪ ਹੋਇਆਂ) ਫਿਰ ਉਸ ਤੋਂ ਕਦੇ ਵਿਛੋੜਾ ਨਹੀਂ ਹੁੰਦਾ । ਉਹ ਜੀਵ-ਇਸਤ੍ਰੀ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਪ੍ਰਭੂ ਨਾਲ ਸਾਂਝ ਕਾਇਮ ਰੱਖਦੀ ਹੈ । ਉਹ ਜੀਵ-ਇਸਤ੍ਰੀ (ਪ੍ਰਭੂ-ਸਿਮਰਨ ਦੀ) ਕਰਨ-ਜੋਗ ਕਾਰ ਕਰਦੀ ਰਹਿੰਦੀ ਹੈ, ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੀ ਹੈ, ਆਪਣੇ ਹਿਰਦੇ ਵਿਚ ਇਕ ਪ੍ਰਭੂ ਨਾਲ ਜੀਵ-ਇਸਤ੍ਰੀ ਪਛਾਣ ਪਾਈ ਰੱਖਦੀ ਹੈ । ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੀ ਜੀਵ-ਇਸਤ੍ਰੀ ਦਿਨ ਰਾਤ ਆਪਣੇ ਪ੍ਰਭੂ ਦਾ ਨਾਮ ਸਿਮਰਦੀ ਰਹਿੰਦੀ ਹੈ, (ਲੋਕ ਪਰਲੋਕ ਵਿਚ) ਉਸ ਨੂੰ ਸਦਾ ਕਾਇਮ ਰਹਿਣ ਵਾਲੀ ਇੱਜ਼ਤ ਮਿਲਦੀ ਹੈ । ਉਹ ਜੀਵ-ਇਸਤ੍ਰੀ ਆਪਣੇ ਉਸ ਪ੍ਰਭੂ-ਪਤੀ ਨੂੰ ਹਰ ਵੇਲੇ ਯਾਦ ਕਰਦੀ ਹੈ ਜੋ ਹਰ ਥਾਂ ਵਿਆਪਕ ਹੈ ।੨।

ਗੁਰ ਕੀ ਕਾਰ ਕਰੇ ਧਨ ਬਾਲੜੀਏ ਹਰਿ ਵਰੁ ਦੇਇ ਮਿਲਾਏ ਰਾਮ ॥ ਹਰਿ ਕੈ ਰੰਗਿ ਰਤੀ ਹੈ ਕਾਮਣਿ ਮਿਲਿ ਪ੍ਰੀਤਮ ਸੁਖੁ ਪਾਏ ਰਾਮ ॥ ਮਿਲਿ ਪ੍ਰੀਤਮ ਸੁਖੁ ਪਾਏ ਸਚਿ ਸਮਾਏ ਸਚੁ ਵਰਤੈ ਸਭ ਥਾਈ ॥ ਸਚਾ ਸੀਗਾਰੁ ਕਰੇ ਦਿਨੁ ਰਾਤੀ ਕਾਮਣਿ ਸਚਿ ਸਮਾਈ ॥ ਹਰਿ ਸੁਖਦਾਤਾ ਸਬਦਿ ਪਛਾਤਾ ਕਾਮਣਿ ਲਇਆ ਕੰਠਿ ਲਾਏ ॥ ਨਾਨਕ ਮਹਲੀ ਮਹਲੁ ਪਛਾਣੈ ਗੁਰਮਤੀ ਹਰਿ ਪਾਏ ॥੩॥ {ਪੰਨਾ ੭੭੦}

ਪਦ ਅਰਥ :—ਕਰੇ—ਕਰਿ, ਕਰ । ਧਨ ਬਾਲੜੀਏ—ਹੇ ਅੰਞਾਣ ਜਿੰਦੇ! ਦੇਇ ਮਿਲਾਏ—ਦੇਇ ਮਿਲਾਇ, ਮਿਲਾ ਦੇਂਦਾ ਹੈ । ਕੈ ਰੰਗਿ—ਦੇ ਪ੍ਰੇਮ-ਰੰਗ ਵਿਚ । ਰਤੀ—ਰੰਗੀ ਹੋਈ । ਕਾਮਣਿ—ਜੀਵ-ਇਸਤ੍ਰੀ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਸਚੁ—ਸਦਾ-ਥਿਰ ਪ੍ਰਭੂ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਪਛਾਤਾ—ਸਾਂਝ ਪਾ ਲਈ । ਕੰਠਿ—ਗਲ ਨਾਲ । ਮਹਲੀ ਮਹਲੁ—ਮਹਲ ਦੇ ਮਾਲਕ ਪ੍ਰਭੂ ਦਾ ਮਹਲ ।੩।

ਅਰਥ :—ਹੇ ਅੰਞਾਣ ਜਿੰਦੇ! ਗੁਰੂ ਦੀ ਦੱਸੀ ਹੋਈ ਕਾਰ ਕਰਿਆ ਕਰ । ਗੁਰੂ ਪ੍ਰਭੂ-ਪਤੀ ਨਾਲ ਮਿਲਾ ਦੇਂਦਾ ਹੈ । ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ, ਉਹ ਪਿਆਰੇ ਪ੍ਰਭੂ ਨੂੰ ਮਿਲ ਕੇ ਆਤਮਕ ਆਨੰਦ ਮਾਣਦੀ ਹੈ । ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਉਹ ਆਤਮਕ ਆਨੰਦ ਮਾਣਦੀ ਹੈ, ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੀ ਹੈ, ਉਹ ਸਦਾ-ਥਿਰ ਪ੍ਰਭੂ ਉਸ ਨੂੰ ਸਭ ਥਾਵਾਂ ਵਿਚ ਵੱਸਦਾ ਦਿੱਸਦਾ ਹੈ । ਉਹ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਮਸਤ ਰਹਿੰਦੀ ਹੈ, ਇਹੀ ਸਦਾ ਕਾਇਮ ਰਹਿਣ ਵਾਲਾ (ਆਤਮਕ) ਸਿੰਗਾਰ ਉਹ ਦਿਨ ਰਾਤ ਕਰੀ ਰੱਖਦੀ ਹੈ । ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਜੀਵ-ਇਸਤ੍ਰੀ ਸਾਰੇ ਸੁਖ ਦੇਣ ਵਾਲੇ ਪ੍ਰਭੂ ਨਾਲ ਸਾਂਝ ਪਾਂਦੀ ਹੈ, ਉਸ ਨੂੰ ਆਪਣੇ ਗਲ ਨਾਲ ਲਾਈ ਰੱਖਦੀ ਹੈ (ਗਲੇ ਵਿਚ ਪ੍ਰੋ ਲੈਂਦੀ ਹੈ, ਹਰ ਵੇਲੇ ਉਸ ਦਾ ਜਾਪ ਕਰਦੀ ਹੈ) । ਹੇ ਨਾਨਕ! ਉਹ ਜੀਵ-ਇਸਤ੍ਰੀ ਮਾਲਕ-ਪ੍ਰਭੂ ਦਾ ਮਹਲ ਲੱਭ ਲੈਂਦੀ ਹੈ, ਗੁਰੂ ਦੀ ਮਤਿ ਉਤੇ ਤੁਰ ਕੇ ਉਹ ਪ੍ਰਭੂ-ਪਤੀ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ ।੩।

ਸਾਧਨ ਬਾਲੀ ਧੁਰਿ ਮੇਲੀ ਮੇਰੈ ਪ੍ਰਭਿ ਆਪਿ ਮਿਲਾਈ ਰਾਮ ॥ ਗੁਰਮਤੀ ਘਟਿ ਚਾਨਣੁ ਹੋਆ ਪ੍ਰਭੁ ਰਵਿ ਰਹਿਆ ਸਭ ਥਾਈ ਰਾਮ ॥ ਪ੍ਰਭੁ ਰਵਿ ਰਹਿਆ ਸਭ ਥਾਈ ਮੰਨਿ ਵਸਾਈ ਪੂਰਬਿ ਲਿਖਿਆ ਪਾਇਆ ॥ ਸੇਜ ਸੁਖਾਲੀ ਮੇਰੇ ਪ੍ਰਭ ਭਾਣੀ ਸਚੁ ਸੀਗਾਰੁ ਬਣਾਇਆ ॥ ਕਾਮਣਿ ਨਿਰਮਲ ਹਉਮੈ ਮਲੁ ਖੋਈ ਗੁਰਮਤਿ ਸਚਿ ਸਮਾਈ ॥ ਨਾਨਕ ਆਪਿ ਮਿਲਾਈ ਕਰਤੈ ਨਾਮੁ ਨਵੈ ਨਿਧਿ ਪਾਈ ॥੪॥੩॥੪॥ {ਪੰਨਾ ੭੭੦}

ਪਦ ਅਰਥ :—ਸਾਧਨ ਬਾਲੀ—ਅੰਞਾਣ ਜੀਵ-ਇਸਤ੍ਰੀ । ਧੁਰਿ—ਧੁਰ ਦਰਗਾਹ ਤੋਂ । ਪ੍ਰਭਿ—ਪ੍ਰਭੂ ਨੇ । ਗੁਰਮਤੀ—ਗੁਰੂ ਦੀ ਮਤਿ ਉਤੇ ਤੁਰ ਕੇ । ਘਟਿ—ਹਿਰਦੇ ਵਿਚ । ਮੰਨਿ—ਮਨਿ, ਮਨ ਵਿਚ । ਪੂਰਬਿ—ਪੂਰਬਲੇ ਜਨਮ ਵਿਚ । ਸੇਜ—ਹਿਰਦਾ-ਸੇਜ । ਸੁਖਾਲੀ—ਸੁਖੀ । ਪ੍ਰਭ ਭਾਣੀ—ਪ੍ਰਭੂ ਨੂੰ ਚੰਗੀ ਲੱਗੀ । ਸਚੁ ਸੀਗਾਰੁ—ਸਦਾ-ਥਿਰ ਹਰੀ ਦਾ ਨਾਮ ਜਪਣ ਦਾ ਆਤਮਕ ਸੁਹਜ । ਕਾਮਣਿ—ਜੀਵ-ਇਸਤ੍ਰੀ । ਖੋਈ—ਦੂਰ ਕਰ ਲਈ । ਸਚਿ—ਸਦਾ-ਥਿਰ ਪ੍ਰਭੂ ਵਿਚ । ਕਰਤੈ—ਕਰਤਾਰ ਨੇ । ਨਵੈ ਨਿਧਿ—ਨੌ ਹੀ ਖ਼ਜ਼ਾਨੇ ।੪।

ਅਰਥ :—ਹੇ ਭਾਈ! ਜਿਸ ਅੰਞਾਣ ਜੀਵ-ਇਸਤ੍ਰੀ ਨੂੰ ਧੁਰ ਦਰਗਾਹ ਤੋਂ ਮਿਲਾਪ ਦਾ ਲੇਖ ਪ੍ਰਾਪਤ ਹੋਇਆ, ਉਸ ਨੂੰ ਪ੍ਰਭੂ ਨੇ ਆਪ ਆਪਣੇ ਚਰਨਾਂ ਵਿਚ ਜੋੜ ਲਿਆ । ਉਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਇਹ ਚਾਨਣ ਹੋ ਗਿਆ ਕਿ ਪਰਮਾਤਮਾ ਸਭ ਥਾਈਂ ਮੌਜੂਦ ਹੈ । ਸਭ ਥਾਈਂ ਵਿਆਪਕ ਹੋ ਰਹੇ ਪ੍ਰਭੂ ਨੂੰ ਉਸ ਜੀਵ-ਇਸਤ੍ਰੀ ਨੇ ਆਪਣੇ ਮਨ ਵਿਚ ਵਸਾ ਲਿਆ, ਪਿਛਲੇ ਜਨਮ ਵਿਚ ਲਿਖਿਆ ਲੇਖ (ਉਸ ਦੇ ਮੱਥੇ ਉਤੇ) ਉੱਘੜ ਪਿਆ । ਉਹ ਜੀਵ-ਇਸਤ੍ਰੀ ਪਿਆਰੇ ਪ੍ਰਭੂ ਨੂੰ ਚੰਗੀ ਲੱਗਣ ਲੱਗ ਪਈ, ਉਸ ਦਾ ਹਿਰਦਾ-ਸੇਜ ਆਨੰਦ-ਭਰਪੂਰ ਹੋ ਗਿਆ, ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਨੂੰ ਉਸ ਨੇ (ਆਪਣੇ ਜੀਵਨ ਦਾ) ਸੁਹਜ ਬਣਾ ਲਿਆ ।

ਜੇਹੜੀ ਜੀਵ ਇਸਤ੍ਰੀ ਗੁਰੂ ਦੀ ਮਤਿ ਲੈ ਕੇ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੋ ਜਾਂਦੀ ਹੈ, ਉਹ (ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਲੈਂਦੀ ਹੈ, ਉਹ ਪਵਿਤ੍ਰ ਜੀਵਨ ਵਾਲੀ ਬਣ ਜਾਂਦੀ ਹੈ । ਹੇ ਨਾਨਕ! (ਆਖ—) ਕਰਤਾਰ ਨੇ ਆਪ ਉਸ ਨੂੰ ਨਾਲ ਮਿਲਾ ਲਿਆ, ਉਸ ਨੇ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ, ਜੋ ਉਸ ਦੇ ਵਾਸਤੇ ਸ੍ਰਿਸ਼ਟੀ ਦੇ ਨੌ ਹੀ ਖ਼ਜ਼ਾਨੇ ਹੈ ।੪।੩।੪।

ਸੂਹੀ ਮਹਲਾ ੩ ॥ ਹਰਿ ਹਰੇ ਹਰਿ ਗੁਣ ਗਾਵਹੁ ਹਰਿ ਗੁਰਮੁਖੇ ਪਾਏ ਰਾਮ ॥ ਅਨਦਿਨੋ ਸਬਦਿ ਰਵਹੁ ਅਨਹਦ ਸਬਦ ਵਜਾਏ ਰਾਮ ॥ ਅਨਹਦ ਸਬਦ ਵਜਾਏ ਹਰਿ ਜੀਉ ਘਰਿ ਆਏ ਹਰਿ ਗੁਣ ਗਾਵਹੁ ਨਾਰੀ ॥ ਅਨਦਿਨੁ ਭਗਤਿ ਕਰਹਿ ਗੁਰ ਆਗੈ ਸਾਧਨ ਕੰਤ ਪਿਆਰੀ ॥ ਗੁਰ ਕਾ ਸਬਦੁ ਵਸਿਆ ਘਟ ਅੰਤਰਿ ਸੇ ਜਨ ਸਬਦਿ ਸੁਹਾਏ ॥ ਨਾਨਕ ਤਿਨ ਘਰਿ ਸਦ ਹੀ ਸੋਹਿਲਾ ਹਰਿ ਕਰਿ ਕਿਰਪਾ ਘਰਿ ਆਏ ॥੧॥ {ਪੰਨਾ ੭੭੦}

ਪਦ ਅਰਥ :—ਹਰਿ ਹਰੇ ਹਰਿ ਗੁਣ—ਸਦਾ ਹੀ ਹਰੀ ਦੇ ਗੁਣ । ਗੁਰਮੁਖੇ—ਗੁਰੂ ਦੀ ਸਰਨ ਪਿਆਂ । ਅਨਦਿਨੋ—ਅਨਦਿਨੁ, ਹਰ ਰੋਜ਼ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਰਵਹੁ—ਸਿਮਰੋ । ਵਜਾਏ—ਵਜਾਇ, ਵਜਾ ਕੇ । ਅਨਹਦ—ਇਕ-ਰਸ, ਲਗਾਤਾਰ । ਅਨਹਦ ਸਬਦ ਵਜਾਏ—ਇਕ-ਰਸ ਪਰਮਾਤਮਾ

ਦੀ ਸਿਫ਼ਤਿ-ਸਾਲਾਹ ਦੀ ਬਾਣੀ (ਦੇ ਵਾਜੇ) ਵਜਾ ਕੇ । ਵਜਾਏ—ਵਜਾਂਦਾ ਹੈ । ਘਰਿ—ਹਿਰਦੇ-ਘਰ ਵਿਚ । ਨਾਰੀ—ਹੇ ਨਾਰੀਓ! ਹੇ ਗਿਆਨ-ਇੰਦ੍ਰਿਓ! ਗੁਰ ਆਗੈ—ਗੁਰੂ ਦੇ ਸਨਮੁਖ ਹੋ ਕੇ । ਸਾਧਨ—ਉਹ ਜੀਵ-ਇਸਤ੍ਰੀਆਂ । ਸੁਹਾਏ—ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ । ਸੋਹਿਲਾ—ਖ਼ੁਸ਼ੀ ਦਾ ਗੀਤ । ਕਰਿ—ਕਰ ਕੇ । ਆਏ—ਆਉਂਦਾ ਹੈ ।੧।

ਅਰਥ :—ਹੇ ਭਾਈ! ਸਦਾ ਪਰਮਾਤਮਾ ਦੇ ਗੁਣ ਗਾਇਆ ਕਰੋ । (ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਹ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ । ਹੇ ਭਾਈ! ਇਕ-ਰਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਦੇ ਵਾਜੇ) ਵਜਾ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ । ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੇ ਵਾਜੇ ਇਕ-ਰਸ ਵਜਾਂਦਾ ਰਹਿੰਦਾ ਹੈ, ਪਰਮਾਤਮਾ ਉਸ ਦੇ ਹਿਰਦੇ-ਘਰ ਵਿਚ ਪਰਗਟ ਹੋ ਜਾਂਦਾ ਹੈ । ਹੇ (ਮੇਰੇ) ਗਿਆਨ-ਇੰਦ੍ਰਿਓ! ਤੁਸੀ ਭੀ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੋ । ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਸਨਮੁਖ ਹੋ ਕੇ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੀਆਂ ਹਨ, ਉਹ ਪ੍ਰਭੂ-ਪਤੀ ਨੂੰ ਪਿਆਰੀਆਂ ਲੱਗਦੀਆਂ ਹਨ ।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ, ਉਹਨਾਂ ਦੇ ਹਿਰਦੇ-ਘਰ ਵਿਚ ਸਦਾ ਹੀ (ਮਾਨੋ) ਖ਼ੁਸ਼ੀ ਦਾ ਗੀਤ ਹੁੰਦਾ ਰਹਿੰਦਾ ਹੈ, ਪ੍ਰਭੂ ਕਿਰਪਾ ਕਰ ਕੇ ਉਹਨਾਂ ਦੇ ਹਿਰਦੇ-ਘਰ ਵਿਚ ਆ ਵੱਸਦਾ ਹੈ ।੧।

ਭਗਤਾ ਮਨਿ ਆਨੰਦੁ ਭਇਆ ਹਰਿ ਨਾਮਿ ਰਹੇ ਲਿਵ ਲਾਏ ਰਾਮ ॥ ਗੁਰਮੁਖੇ ਮਨੁ ਨਿਰਮਲੁ ਹੋਆ ਨਿਰਮਲ ਹਰਿ ਗੁਣ ਗਾਏ ਰਾਮ ॥ ਨਿਰਮਲ ਗੁਣ ਗਾਏ ਨਾਮੁ ਮੰਨਿ ਵਸਾਏ ਹਰਿ ਕੀ ਅੰਮ੍ਰਿਤ ਬਾਣੀ ॥ ਜਿਨ੍ਹ ਮਨਿ ਵਸਿਆ ਸੇਈ ਜਨ ਨਿਸਤਰੇ ਘਟਿ ਘਟਿ ਸਬਦਿ ਸਮਾਣੀ ॥ ਤੇਰੇ ਗੁਣ ਗਾਵਹਿ ਸਹਜਿ ਸਮਾਵਹਿ ਸਬਦੇ ਮੇਲਿ ਮਿਲਾਏ ॥ ਨਾਨਕ ਸਫਲ ਜਨਮੁ ਤਿਨ ਕੇਰਾ ਜਿ ਸਤਿਗੁਰਿ ਹਰਿ ਮਾਰਗਿ ਪਾਏ ॥੨॥ {ਪੰਨਾ ੭੭੦}

ਪਦ ਅਰਥ :—ਮਨਿ—ਮਨ ਵਿਚ । ਨਾਮਿ—ਨਾਮ ਵਿਚ । ਰਹੇ ਲਿਵ ਲਾਏ—ਰਹੇ ਲਿਵ ਲਾਇ, ਲਿਵ ਲਾਈ ਰੱਖਦੇ ਹਨ । ਗੁਰਮੁਖੇ—ਗੁਰੂ ਦੇ ਸਨਮੁਖ ਰਹਿ ਕੇ । ਗਾਏ—ਗਾਇ, ਗਾ ਕੇ । ਮੰਨਿ—ਮਨਿ, ਮਨ ਵਿਚ । ਵਸਾਏ—ਵਸਾ ਕੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਸੇਈ ਜਨ—ਉਹੀ ਮਨੁੱਖ । ਨਿਸਤਰੇ—ਪਾਰ ਲੰਘ ਜਾਂਦੇ ਹਨ । ਘਟਿ ਘਟਿ—ਹਰੇਕ ਸਰੀਰ ਵਿਚ । ਸਬਦਿ—ਸ਼ਬਦ ਦੀ ਰਾਹੀਂ । ਗਾਵਹਿ—ਗਾਂਦੇ ਹਨ । ਸਹਜਿ—ਆਤਮਕ ਅਡੋਲਤਾ ਵਿਚ । ਸਮਾਵਹਿ—ਲੀਨ ਰਹਿੰਦੇ ਹਨ । ਸਬਦਿ—ਸ਼ਬਦ ਦੀ ਬਰਕਤਿ ਨਾਲ । ਕੇਰਾ—ਦਾ । ਜਿ—ਜੇਹੜੇ ਮਨੁੱਖਾਂ ਨੂੰ । ਸਤਿਗੁਰਿ—ਗੁਰੂ ਨੇ । ਮਾਰਗਿ—ਰਸਤੇ ਉੱਤੇ ।੨।

ਅਰਥ :—ਹੇ ਭਾਈ! ਪ੍ਰਭੂ ਦੇ ਭਗਤਾਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, ਕਿਉਂਕਿ ਉਹ ਪਰਮਾਤਮਾ ਦੇ ਨਾਮ ਵਿਚ ਸਦਾ ਸੁਰਤਿ ਜੋੜੀ ਰੱਖਦੇ ਹਨ । ਗੁਰੂ ਦੀ ਰਾਹੀਂ ਪਰਮਾਤਮਾ ਦੇ ਪਵਿਤ੍ਰ ਗੁਣ ਗਾ ਗਾ ਕੇ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ । ਪਰਮਾਤਮਾ ਦੀ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ, ਪ੍ਰਭੂ ਦੇ ਪਵਿਤ੍ਰ ਗੁਣ ਗਾ ਗਾ ਕੇ, ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾ ਕੇ (ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ) । ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸਦਾ ਹੈ ।

ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਗੁਣ ਗਾਂਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ । ਗੁਰੂ ਆਪਣੇ ਸ਼ਬਦ ਦੀ ਰਾਹੀਂ ਉਹਨਾਂ ਨੂੰ (ਹੇ ਪ੍ਰਭੂ!) ਤੇਰੇ ਚਰਨਾਂ ਵਿਚ ਜੋੜ ਦੇਂਦਾ ਹੈ । ਹੇ ਨਾਨਕ! ਉਹਨਾਂ ਮਨੁੱਖਾਂ ਦਾ ਜਨਮ ਕਾਮਯਾਬ ਹੋ ਜਾਂਦਾ ਹੈ, ਜਿਨ੍ਹਾਂ ਨੂੰ ਗੁਰੂ ਪਰਮਾਤਮਾ ਦੇ ਰਸਤੇ ਉਤੇ ਤੋਰ ਦਿੰਦਾ ਹੈ ।੨।

ਸੰਤ ਸੰਗਤਿ ਸਿਉ ਮੇਲੁ ਭਇਆ ਹਰਿ ਹਰਿ ਨਾਮਿ ਸਮਾਏ ਰਾਮ ॥ ਗੁਰ ਕੈ ਸਬਦਿ ਸਦ ਜੀਵਨ ਮੁਕਤ ਭਏ ਹਰਿ ਕੈ ਨਾਮਿ ਲਿਵ ਲਾਏ ਰਾਮ ॥ ਹਰਿਨਾਮਿ ਚਿਤੁ ਲਾਏ ਗੁਰਿ ਮੇਲਿ ਮਿਲਾਏ ਮਨੂਆ ਰਤਾ ਹਰਿ ਨਾਲੇ ॥ ਸੁਖਦਾਤਾ ਪਾਇਆ ਮੋਹੁ ਚੁਕਾਇਆ ਅਨਦਿਨੁ ਨਾਮੁ ਸਮ੍ਹਾਲੇ ॥ ਗੁਰ ਸਬਦੇ ਰਾਤਾ ਸਹਜੇ ਮਾਤਾ ਨਾਮੁ ਮਨਿ ਵਸਾਏ ॥ ਨਾਨਕ ਤਿਨ ਘਰਿ ਸਦ ਹੀ ਸੋਹਿਲਾ ਜਿ ਸਤਿਗੁਰ ਸੇਵਿ ਸਮਾਏ ॥੩॥ {ਪੰਨਾ ੭੭੧}

ਪਦ ਅਰਥ :—ਸਿਉ—ਨਾਲ । ਮੇਲੁ—ਮਿਲਾਪ । ਨਾਮਿ—ਨਾਮ ਵਿਚ । ਕੈ ਸਬਦਿ—ਦੇ ਸ਼ਬਦ ਦੀ ਬਰਕਤਿ ਨਾਲ । ਜੀਵਨ ਮੁਕਤੇ—ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਨਿਰਲੇਪ । ਕੈ ਨਾਮਿ—ਦੇ ਨਾਮ ਵਿਚ । ਲਿਵ—ਲਗਨ । ਲਾਏ—ਲਾਇ, ਲਾ ਕੇ । ਗੁਰਿ—ਗੁਰੂ ਨੇ । ਮੇਲਿ—ਪ੍ਰਭੂ ਚਰਨਾਂ ਵਿਚ । ਚੁਕਾਇਆ—ਦੂਰ ਕਰ ਦਿੱਤਾ । ਅਨਦਿਨੁ—ਹਰ ਰੋਜ਼ {ਅਨੁਦਿਨਾਜ਼}, ਹਰ ਵੇਲੇ । ਸਮ੍ਹਾਲੇ—ਸਮ੍ਹਾਲਿ, ਹਿਰਦੇ ਵਿਚ ਵਸਾ ਕੇ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਮਾਤਾ—ਮਸਤ । ਮਨਿ—ਮਨ ਵਿਚ । ਘਰਿ—ਹਿਰਦੇ-ਘਰ ਵਿਚ । ਸਦ—ਸਦਾ । ਸੋਹਿਲਾ—ਖ਼ੁਸ਼ੀ, ਆਨੰਦ । ਜਿ—ਜੇਹੜੇ ਮਨੁੱਖ ।੩।

ਅਰਥ :—ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਸਾਧ ਸੰਗਤਿ ਨਾਲ ਮਿਲਾਪ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਮਾਇਆ ਵਲੋਂ ਨਿਰਲੇਪ ਰਹਿੰਦੇ ਹਨ । ਜਿਨ੍ਹਾਂ ਨੂੰ ਗੁਰੂ ਨੇ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ, ਉਹਨਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਮਨ ਜੋੜ ਲਿਆ, ਉਹਨਾਂ ਦਾ ਮਨ ਪਰਮਾਤਮਾ ਦੇ (ਪ੍ਰੇਮ-ਰੰਗ) ਨਾਲ ਰੰਗਿਆ ਗਿਆ । ਉਹਨਾਂ ਨੇ ਹਰ ਵੇਲੇ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾ ਕੇ (ਆਪਣੇ ਅੰਦਰੋਂ ਮਾਇਆ ਦਾ) ਮੋਹ ਦੂਰ ਕਰ ਲਿਆ, ਤੇ, ਸਾਰੇ ਸੁਖ ਦੇਣ ਵਾਲੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲਿਆ । ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦਾ ਹੈ, ਉਹ ਹਰਿ-ਨਾਮ ਨੂੰ ਮਨ ਵਿਚ ਵਸਾਈ ਰੱਖਦਾ ਹੈ । ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੀ ਦੱਸੀ ਸੇਵਾ ਕਰ ਕੇ ਪ੍ਰਭੂ ਵਿਚ ਲੀਨ ਰਹਿੰਦੇ ਹਨ, ਉਹਨਾਂ ਦੇ ਹਿਰਦੇ ਵਿਚ ਸਦਾ ਹੀ ਖ਼ੁਸ਼ੀ ਬਣੀ ਰਹਿੰਦੀ ਹੈ ।੩।

ਬਿਨੁ ਸਤਿਗੁਰ ਜਗੁ ਭਰਮਿ ਭੁਲਾਇਆ ਹਰਿ ਕਾ ਮਹਲੁ ਨ ਪਾਇਆ ਰਾਮ ॥ ਗੁਰਮੁਖੇ ਇਕਿ ਮੇਲਿ ਮਿਲਾਇਆ ਤਿਨ ਕੇ ਦੂਖ ਗਵਾਇਆ ਰਾਮ ॥ ਤਿਨ ਕੇ ਦੂਖ ਗਵਾਇਆ ਜਾ ਹਰਿ ਮਨਿ ਭਾਇਆ ਸਦਾ ਗਾਵਹਿ ਰੰਗਿ ਰਾਤੇ ॥ ਹਰਿ ਕੇ ਭਗਤ ਸਦਾ ਜਨ ਨਿਰਮਲ ਜੁਗਿ ਜੁਗਿ ਸਦ ਹੀ ਜਾਤੇ ॥ ਸਾਚੀ ਭਗਤਿ ਕਰਹਿ ਦਰਿ ਜਾਪਹਿ ਘਰਿ ਦਰਿ ਸਚਾ ਸੋਈ ॥ ਨਾਨਕ ਸਚਾ ਸੋਹਿਲਾ ਸਚੀ ਸਚੁ ਬਾਣੀ ਸਬਦੇ ਹੀ ਸੁਖੁ ਹੋਈ ॥੪॥੪॥੫॥ {ਪੰਨਾ ੭੭੧}

ਪਦ ਅਰਥ :—ਭਰਮਿ—ਭਟਕਣਾ ਵਿਚ (ਪੈ ਕੇ) । ਭੁਲਾਇਆ—ਕੁਰਾਹੇ ਪਿਆ ਰਹਿੰਦਾ ਹੈ । ਮਹਲੁ—ਹਜ਼ੂਰੀ । ਗੁਰਮੁਖੇ—ਗੁਰੂ ਦੇ ਸਨਮੁਖ ਰਹਿਣ ਵਾਲੇ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ । ਮੇਲਿ—ਪ੍ਰਭੂ-ਚਰਨਾਂ ਵਿਚ । ਮਨਿ—ਮਨ ਵਿਚ । ਰੰਗਿ—ਰੰਗ ਵਿਚ । ਰਾਤੇ—ਰੰਗੇ ਹੋਏ । ਜੁਗਿ ਜੁਗਿ—ਹਰੇਕ ਜੁਗ ਵਿਚ । ਜਾਤੇ—ਪਰਗਟ ਹੋ ਜਾਂਦੇ ਹਨ । ਸਾਚੀ ਭਗਤਿ—ਸਦਾ-ਥਿਰ ਪ੍ਰਭੂ ਦੀ ਭਗਤੀ । ਦਰਿ—ਪ੍ਰਭੂ ਦੇ ਦਰ ਤੇ । ਜਾਪਹਿ—ਆਦਰ ਪਾਂਦੇ ਹਨ । ਘਰਿ—ਹਿਰਦੇ-ਘਰ ਵਿਚ । ਦਰਿ—ਅੰਦਰ । ਸੋਹਿਲਾ—ਖ਼ੁਸ਼ੀ ।੪।

ਅਰਥ :—ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਜਗਤ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦਾ । ਪਰ ਕਈ (ਵਡ-ਭਾਗੀ ਐਸੇ ਹਨ, ਜੇਹੜੇ) ਗੁਰੂ ਦੇ ਸਨਮੁਖ (ਰਹਿੰਦੇ ਹਨ, ਉਹਨਾਂ ਨੂੰ ਗੁਰੂ ਨੇ) ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ, ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ਹਨ । ਜਦੋਂ ਉਹ ਪ੍ਰਭੂ ਦੇ ਮਨ ਵਿਚ ਪਿਆਰੇ ਲੱਗਦੇ ਹਨ, ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਉਹ ਪ੍ਰੇਮ-ਰੰਗ ਵਿਚ ਰੰਗੀਜ ਕੇ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ । ਪਰਮਾਤਮਾ ਦੇ ਉਹ ਭਗਤ ਸਦਾ ਲਈ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਉਹ ਹਰੇਕ ਜੁਗ ਵਿਚ ਸਦਾ ਹੀ ਪਰਗਟ ਹੋ ਜਾਂਦੇ ਹਨ । ਉਹ (ਵਡ-ਭਾਗੀ ਮਨੁੱਖ) ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ, ਉਸ ਦੇ ਦਰ ਤੇ ਇੱਜ਼ਤ ਪਾਂਦੇ ਹਨ, ਉਹਨਾਂ ਦੇ ਹਿਰਦੇ ਵਿਚ ਉਹਨਾਂ ਦੇ ਅੰਦਰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਵੱਸ ਪੈਂਦਾ ਹੈ । ਹੇ ਨਾਨਕ! ਉਹਨਾਂ ਦੇ ਅੰਦਰ ਸਿਫ਼ਤਿ-ਸਾਲਾਹ ਵਾਲੀ ਬਾਣੀ ਵੱਸੀ ਰਹਿੰਦੀ ਹੈ, ਅਟੱਲ ਖ਼ੁਸ਼ੀ ਬਣੀ ਰਹਿੰਦੀ ਹੈ, ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ।੪।੪।੫।

ਸੂਹੀ ਮਹਲਾ ੩ ॥ ਜੇ ਲੋੜਹਿ ਵਰੁ ਬਾਲੜੀਏ ਤਾ ਗੁਰ ਚਰਣੀ ਚਿਤੁ ਲਾਏ ਰਾਮ ॥ ਸਦਾ ਹੋਵਹਿ ਸੋਹਾਗਣੀ ਹਰਿ ਜੀਉ ਮਰੈ ਨ ਜਾਏ ਰਾਮ ॥ ਹਰਿ ਜੀਉ ਮਰੈ ਨ ਜਾਏ ਗੁਰ ਕੈ ਸਹਜਿ ਸੁਭਾਏ ਸਾਧਨ ਕੰਤ ਪਿਆਰੀ ॥ ਸਚਿ ਸੰਜਮਿ ਸਦਾ ਹੈ ਨਿਰਮਲ ਗੁਰ ਕੈ ਸਬਦਿ ਸੀਗਾਰੀ ॥ ਮੇਰਾ ਪ੍ਰਭੁ ਸਾਚਾ ਸਦ ਹੀ ਸਾਚਾ ਜਿਨਿ ਆਪੇ ਆਪੁ ਉਪਾਇਆ ॥ ਨਾਨਕ ਸਦਾ ਪਿਰੁ ਰਾਵੇ ਆਪਣਾ ਜਿਨਿ ਗੁਰ ਚਰਣੀ ਚਿਤੁ ਲਾਇਆ ॥੧॥ {ਪੰਨਾ ੭੭੧}

ਪਦ ਅਰਥ :—ਵਰੁ—ਖਸਮ-ਪ੍ਰਭੂ (ਦਾ ਮਿਲਾਪ) । ਬਾਲੜੀਏ—ਹੇ ਅੰਞਾਣ ਜੀਵ-ਇਸਤ੍ਰੀ! ਲਾਏ—ਲਾਇ । ਸੋਹਾਗਣੀ—ਸੁਹਾਗ-ਭਾਗ ਵਾਲੀ । ਜਾਏ—ਨਾਸ ਹੁੰਦਾ । ਗੁਰ ਕੈ—ਗੁਰੂ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪ੍ਰੇਮ ਵਿਚ । ਸਾਧਨ—ਜੀਵ-ਇਸਤ੍ਰੀ । ਸਚਿ—ਸਦਾ-ਥਿਰ ਹਰਿ-ਨਾਮ ਵਿਚ । ਸੰਜਮਿ—ਸੰਜਮ ਵਿਚ, ਬੰਦਸ਼ ਵਿਚ । ਗੁਰ ਕੈ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸੀਗਾਰੀ—ਆਤਮਕ ਜੀਵਨ ਨੂੰ ਸੋਹਣਾ ਬਣਾਂਦੀ ਹੈ । ਸਾਚਾ—ਸਦਾ-ਥਿਰ ਰਹਿਣ ਵਾਲਾ । ਜਿਨਿ—ਜਿਸ (ਪ੍ਰਭੂ) ਨੇ । ਆਪੇ—ਆਪ ਹੀ । ਆਪੁ—ਆਪਣੇ ਆਪ ਨੂੰ । ਜਿਨਿ—ਜਿਸ ਜੀਵ-ਇਸਤ੍ਰੀ ਨੇ ।੧।

ਅਰਥ :—ਹੇ ਅੰਞਾਣ ਜੀਵ-ਇਸਤ੍ਰੀਏ! ਜੇ ਤੂੰ ਪ੍ਰਭੂ-ਪਤੀ ਦਾ ਮਿਲਾਪ ਚਾਹੁੰਦੀ ਹੈਂ, ਤਾਂ ਆਪਣੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਰੱਖ । ਤੂੰ ਸਦਾ ਲਈ ਸੁਹਾਗ-ਭਾਗ ਵਾਲੀ ਬਣ ਜਾਏਂਗੀ, (ਕਿਉਂਕਿ) ਪ੍ਰਭੂ-ਪਤੀ ਨਾਹ ਕਦੇ ਮਰਦਾ ਹੈ ਨਾਹ ਨਾਸ ਹੁੰਦਾ ਹੈ । ਪ੍ਰਭੂ-ਪਤੀ ਕਦੇ ਨਹੀਂ ਮਰਦਾ, ਕਦੇ ਨਾਸ ਨਹੀਂ ਹੁੰਦਾ । ਜੇਹੜੀ ਜੀਵ-ਇਸਤ੍ਰੀ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਲੀਨ ਰਹਿੰਦੀ ਹੈ, ਉਹ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ । ਸਦਾ-ਥਿਰ ਪ੍ਰਭੂ ਵਿਚ ਜੁੜ ਕੇ, (ਵਿਕਾਰਾਂ ਵਲੋਂ) ਬੰਦਸ਼ ਵਿਚ ਰਹਿ ਕੇ, ਉਹ ਜੀਵ-ਇਸਤ੍ਰੀ ਪਵਿਤ੍ਰ ਜੀਵਨ ਵਾਲੀ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣੇ ਆਤਮਕ ਜੀਵਨ ਨੂੰ ਸੋਹਣਾ ਬਣਾ ਲੈਂਦੀ ਹੈ । ਹੇ ਸਹੇਲੀਏ! ਮੇਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਸ ਨੇ ਆਪਣੇ ਆਪ ਨੂੰ ਆਪ ਹੀ ਪਰਗਟ ਕੀਤਾ ਹੋਇਆ ਹੈ । ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਗੁਰੂ-ਚਰਨਾਂ ਵਿਚ ਆਪਣਾ ਮਨ ਜੋੜ ਲਿਆ, ਉਹ ਸਦਾ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਹੈ ।੧।

ਪਿਰੁ ਪਾਇਅੜਾ ਬਾਲੜੀਏ ਅਨਦਿਨੁ ਸਹਜੇ ਮਾਤੀ ਰਾਮ ॥ ਗੁਰਮਤੀ ਮਨਿ ਅਨਦੁ ਭਇਆ ਤਿਤੁ ਤਨਿ ਮੈਲੁ ਨ ਰਾਤੀ ਰਾਮ ॥ ਤਿਤੁ ਤਨਿ ਮੈਲੁ ਨ ਰਾਤੀ ਹਰਿ ਪ੍ਰਭਿ ਰਾਤੀ ਮੇਰਾ ਪ੍ਰਭੁ ਮੇਲਿ ਮਿਲਾਏ ॥ ਅਨਦਿਨੁ ਰਾਵੇ ਹਰਿ ਪ੍ਰਭੁ ਅਪਣਾ ਵਿਚਹੁ ਆਪੁ ਗਵਾਏ ॥ ਗੁਰਮਤਿ ਪਾਇਆ ਸਹਜਿ ਮਿਲਾਇਆ ਅਪਣੇ ਪ੍ਰੀਤਮ ਰਾਤੀ ॥ ਨਾਨਕ ਨਾਮੁ ਮਿਲੈ ਵਡਿਆਈ ਪ੍ਰਭੁ ਰਾਵੇ ਰੰਗਿ ਰਾਤੀ ॥੨॥ {ਪੰਨਾ ੭੭੧}

ਪਦ ਅਰਥ :—ਪਿਰੁ—ਪ੍ਰਭੂ-ਪਤੀ । ਅਨਦਿਨੁ—ਹਰ ਰੋਜ਼, ਹਰ ਵੇਲੇ । ਸਹਜੇ—ਆਤਮਕ ਅਡੋਲਤਾ ਵਿਚ । ਮਨਿ—ਮਨ ਵਿਚ । ਤਿਤੁ ਤਨਿ—ਉਸ ਸਰੀਰ ਵਿਚ । ਰਾਤੀ—ਰਤਾ ਭਰ ਭੀ । ਪ੍ਰਭਿ—ਪ੍ਰਭੂ ਵਿਚ । ਰਾਤੀ—ਮਸਤ । ਮੇਲਿ—ਮੇਲ ਵਿਚ, ਚਰਨਾਂ ਵਿਚ । ਆਪੁ—ਆਪਾ-ਭਾਵ । ਰਾਵੈ—ਮਾਣਦੀ ਹੈ । ਰੰਗਿ ਰਾਤੀ—ਪ੍ਰੇਮ-ਰੰਗ ਵਿਚ ਰੰਗੀ ਹੋਈ ।੨।

ਅਰਥ :—ਹੇ ਅੰਞਾਣ ਜੀਵ-ਇਸਤ੍ਰੀਏ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲੈਂਦੀ ਹੈ, ਉਹ ਹਰ ਵੇਲੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ । ਗੁਰੂ ਦੀ ਮਤਿ ਦਾ ਸਦਕਾ ਉਸ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, (ਉਸ ਦੇ) ਉਸ ਸਰੀਰ ਵਿਚ (ਵਿਕਾਰਾਂ ਦੀ) ਰਤਾ ਭਰ ਭੀ ਮੈਲ ਨਹੀਂ ਹੁੰਦੀ । (ਉਸ ਦੇ) ਉਸ ਸਰੀਰ ਵਿਚ ਰਤਾ ਭਰ ਭੀ ਮੈਲ ਨਹੀਂ ਹੁੰਦੀ, ਉਹ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੀ ਰਹਿੰਦੀ ਹੈ ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ । ਉਹ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਹਰ ਵੇਲੇ ਆਪਣੇ ਹਰਿ-ਪ੍ਰਭੂ ਨੂੰ ਸਿਮਰਦੀ ਰਹਿੰਦੀ ਹੈ । ਗੁਰੂ ਦੀ ਸਿੱਖਿਆ ਨਾਲ ਉਹ ਪ੍ਰਭੂ ਨੂੰ ਮਿਲ ਪੈਂਦੀ ਹੈ, ਗੁਰੂ ਉਸ ਨੂੰ ਆਤਮਕ ਅਡੋਲਤਾ ਵਿਚ ਟਿਕਾ ਦੇਂਦਾ ਹੈ, ਉਹ ਆਪਣੇ ਪ੍ਰੀਤਮ-ਪ੍ਰਭੂ ਦੇ ਰੰਗ ਵਿਚ ਰੰਗੀ ਜਾਂਦੀ ਹੈ । ਹੇ ਨਾਨਕ! ਉਸ ਨੂੰ ਹਰਿ-ਨਾਮ ਮਿਲ ਜਾਂਦਾ ਹੈ, ਇੱਜ਼ਤ ਮਿਲ ਜਾਂਦੀ ਹੈ, ਉਹ ਪ੍ਰੇਮ-ਰੰਗ ਵਿਚ ਰੰਗੀ ਹੋਈ ਹਰ ਵੇਲੇ ਪ੍ਰਭੂ ਦਾ ਸਿਮਰਨ ਕਰਦੀ ਹੈ ।੨।

ਪਿਰੁ ਰਾਵੇ ਰੰਗਿ ਰਾਤੜੀਏ ਪਿਰ ਕਾ ਮਹਲੁ ਤਿਨ ਪਾਇਆ ਰਾਮ ॥ ਸੋ ਸਹੋ ਅਤਿ ਨਿਰਮਲੁ ਦਾਤਾ ਜਿਨਿ ਵਿਚਹੁ ਆਪੁ ਗਵਾਇਆ ਰਾਮ ॥ ਵਿਚਹੁ ਮੋਹੁ ਚੁਕਾਇਆ ਜਾ ਹਰਿ ਭਾਇਆ ਹਰਿ ਕਾਮਣਿ ਮਨਿ ਭਾਣੀ ॥ ਅਨਦਿਨੁ ਗੁਣ ਗਾਵੈ ਨਿਤ ਸਾਚੇ ਕਥੇ ਅਕਥ ਕਹਾਣੀ ॥ ਜੁਗ ਚਾਰੇ ਸਾਚਾ ਏਕੋ ਵਰਤੈ ਬਿਨੁ ਗੁਰ ਕਿਨੈ ਨ ਪਾਇਆ ॥ ਨਾਨਕ ਰੰਗਿ ਰਵੈ ਰੰਗਿ ਰਾਤੀ ਜਿਨਿ ਹਰਿ ਸੇਤੀ ਚਿਤੁ ਲਾਇਆ ॥੩॥ {ਪੰਨਾ ੭੭੧}

ਪਦ ਅਰਥ :—ਰਾਵੇ—ਮਿਲਾਪ ਮਾਣਦੀ ਹੈ, ਸਿਮਰਨ ਕਰਦੀ ਹੈ । ਰੰਗਿ ਰਾਤੜੀਏ—ਹੇ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀ! ਮਹਲੁ—ਹਜ਼ੂਰੀ । ਤਿਨ—ਉਸ (ਜੀਵ-ਇਸਤ੍ਰੀ) ਨੇ । ਸਹੋ—ਸਹੁ, ਸ਼ਹੁ । ਜਿਨਿ—ਜਿਸ (ਜੀਵ-ਇਸਤ੍ਰੀ) ਨੇ । ਆਪੁ—ਆਪਾ-ਭਾਵ । ਹਰਿ ਮਨਿ—ਹਰੀ ਦੇ ਮਨ ਵਿਚ । ਕਾਮਣਿ—ਜੀਵ-ਇਸਤ੍ਰੀ । ਭਾਣੀ—ਪਸੰਦ ਆਈ । ਅਕਥ—ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਕਿਨੈ—ਕਿਸ ਨੇ ਭੀ । ਰਵੈ—ਸਿਮਰਦੀ ਹੈ । ਜਿਨਿ—ਜਿਸ (ਜੀਵ-ਇਸਤ੍ਰੀ) ਨੇ । ਸੇਤੀ—ਨਾਲ ।੩।

ਅਰਥ :—ਹੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀਏ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਹਰ ਵੇਲੇ ਸਿਮਰਦੀ ਹੈ, ਜਿਸ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਦਿੱਤਾ ਹੈ, ਉਸ ਨੇ ਉਸ ਪ੍ਰਭੂ ਦੀ ਹਜ਼ੂਰੀ ਪ੍ਰਾਪਤ ਕਰ ਲਈ ਹੈ ਜੇਹੜਾ ਬਹੁਤ ਪਵਿਤ੍ਰ ਹੈ, ਤੇ, ਸਭ ਦਾਤਾਂ ਦੇਣ ਵਾਲਾ ਹੈ ।

ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ, ਤਦੋਂ ਜੀਵ-ਇਸਤ੍ਰੀ ਆਪਣੇ ਅੰਦਰੋਂ ਮੋਹ ਦੂਰ ਕਰਦੀ ਹੈ, ਤੇ, ਪ੍ਰਭੂ ਦੇ ਮਨ ਵਿਚ ਪਿਆਰੀ ਲੱਗਣ ਲੱਗ ਪੈਂਦੀ ਹੈ । ਫਿਰ ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੀ ਰਹਿੰਦੀ ਹੈ, ਅਤੇ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦੀ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ।

ਹੇ ਸਹੇਲੀਏ! ਚੌਹਾਂ ਜੁਗਾਂ ਵਿਚ ਉਹ ਸਦਾ-ਥਿਰ ਪ੍ਰਭੂ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ, ਪਰ ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੇ ਭੀ ਉਸ ਦਾ ਮਿਲਾਪ ਪ੍ਰਾਪਤ ਨਹੀਂ ਕੀਤਾ । ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਨਾਲ ਆਪਣਾ ਮਨ ਜੋੜ ਲਿਆ, ਉਹ ਉਸ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਉਸ ਦੇ ਪ੍ਰੇਮ ਵਿਚ ਉਸ ਦਾ ਸਿਮਰਨ ਕਰਦੀ ਹੈ ।੩।

ਕਾਮਣਿ ਮਨਿ ਸੋਹਿਲੜਾ ਸਾਜਨ ਮਿਲੇ ਪਿਆਰੇ ਰਾਮ ॥ ਗੁਰਮਤੀ ਮਨੁ ਨਿਰਮਲੁ ਹੋਆ ਹਰਿ ਰਾਖਿਆ ਉਰਿ ਧਾਰੇ ਰਾਮ ॥ ਹਰਿ ਰਾਖਿਆ ਉਰਿ ਧਾਰੇ ਅਪਨਾ ਕਾਰਜੁ ਸਵਾਰੇ ਗੁਰਮਤੀ ਹਰਿ ਜਾਤਾ ॥ ਪ੍ਰੀਤਮਿ ਮੋਹਿ ਲਇਆ ਮਨੁ ਮੇਰਾ ਪਾਇਆ ਕਰਮ ਬਿਧਾਤਾ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਹਰਿ ਵਸਿਆ ਮੰਨਿ ਮੁਰਾਰੇ ॥ ਨਾਨਕ ਮੇਲਿ ਲਈ ਗੁਰਿ ਅਪੁਨੈ ਗੁਰ ਕੈ ਸਬਦਿ ਸਵਾਰੇ ॥੪॥੫॥੬॥ {ਪੰਨਾ ੭੭੨}

ਪਦ ਅਰਥ :—ਕਾਮਣਿ ਮਨਿ—(ਉਸ) ਜੀਵ-ਇਸਤ੍ਰੀ ਦੇ ਮਨ ਵਿਚ । ਸੋਹਿਲੜਾ—ਆਨੰਦ, ਖ਼ੁਸ਼ੀ । ਸਾਜਨ—ਸੱਜਣ ਪ੍ਰਭੂ ਜੀ । ਗੁਰਮਤੀ—ਗੁਰੂ ਦੀ ਮਤਿ ਉਤੇ ਤੁਰ ਕੇ । ਨਿਰਮਲ—ਪਵਿੱਤ੍ਰ । ਉਰਿ—ਹਿਰਦੇ ਵਿਚ । ਧਾਰੇ—ਧਾਰਿ, ਟਿਕਾ ਕੇ । ਕਾਰਜੁ—ਕੰਮ, ਜਨਮ-ਮਨੋਰਥ । ਜਾਤਾ—ਡੂੰਘੀ ਸਾਂਝ ਪਾ ਲਈ । ਪ੍ਰੀਤਮਿ—ਪ੍ਰੀਤਮ-ਪ੍ਰਭੂ ਨੇ । ਮਨੁ ਮੇਰਾ—'ਮੇਰਾ ਮੇਰਾ' ਕਰਨ ਵਾਲਾ ਮਨ । ਕਰਮ ਬਿਧਾਤਾ—ਜੀਵਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ । ਸੇਵਿ—ਸਰਨ ਪੈ ਕੇ । ਮੰਨਿ—ਮਨਿ, ਮਨ ਵਿਚ । ਮੁਰਾਰੇ—{ਮੁਰ-ਅਰਿ । ਮੁਰ ਦੈਂਤ ਦਾ ਵੈਰੀ} ਪਰਮਾਤਮਾ । ਗੁਰਿ—ਗੁਰੂ ਨੇ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਸਵਾਰੇ—(ਜੀਵਨ) ਸੋਹਣਾ ਬਣਾ ਲਿਆ ।੪।

ਅਰਥ :—ਜਿਸ ਜੀਵ-ਇਸਤ੍ਰੀ ਨੂੰ ਪਿਆਰੇ ਸੱਜਣ ਪ੍ਰਭੂ ਜੀ ਮਿਲ ਪੈਂਦੇ ਹਨ, ਉਸ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ । ਗੁਰੂ ਦੀ ਮਤਿ ਉਤੇ ਤੁਰ ਕੇ ਉਸ ਦਾ ਮਨ ਪਵਿੱਤ੍ਰ ਹੋ ਜਾਂਦਾ ਹੈ, ਉਹ ਆਪਣੇ ਹਿਰਦੇ ਵਿਚ ਹਰਿ-ਪ੍ਰਭੂ ਨੂੰ ਟਿਕਾ ਰੱਖਦੀ ਹੈ । ਉਹ ਜੀਵ-ਇਸਤ੍ਰੀ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ, ਇਸ ਤਰ੍ਹਾਂ ਆਪਣਾ ਜੀਵਨ-ਮਨੋਰਥ ਸੰਵਾਰ ਲੈਂਦੀ ਹੈ, ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ । ਉਸ ਦਾ ਮਨ ਜੋ ਪਹਿਲਾਂ ਮਮਤਾ ਵਿਚ ਫਸਿਆ ਹੋਇਆ ਸੀ, ਪ੍ਰੀਤਮ-ਪ੍ਰਭੂ ਨੇ ਆਪਣੇ ਵੱਸ ਵਿਚ ਕਰ ਲਿਆ, ਤੇ, ਉਸ ਜੀਵ-ਇਸਤ੍ਰੀ ਨੇ ਸਿਰਜਣਹਾਰ ਪ੍ਰਭੂ ਨਾਲ ਮਿਲਾਪ ਪ੍ਰਾਪਤ ਕਰ ਲਿਆ । ਗੁਰੂ ਦੀ ਸਰਨ ਪੈ ਕੇ ਉਸ ਜੀਵ-ਇਸਤ੍ਰੀ ਨੇ ਸਦਾ-ਆਤਮਕ ਆਨੰਦ ਮਾਣਿਆ ਹੈ, ਮੁਰਾਰੀ-ਪ੍ਰਭੂ ਉਸ ਦੇ ਮਨ ਵਿਚ ਆ ਵੱਸਿਆ ਹੈ । ਹੇ ਨਾਨਕ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਜੀਵ-ਇਸਤ੍ਰੀ ਨੇ ਆਪਣਾ ਜੀਵਨ ਸੋਹਣਾ ਬਣਾ ਲਿਆ ਹੈ, ਪਿਆਰੇ ਗੁਰੂ ਨੇ ਉਸ ਨੂੰ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ ।੪।੫।੬।

ਸੂਹੀ ਮਹਲਾ ੩ ॥ ਸੋਹਿਲੜਾ ਹਰਿ ਰਾਮ ਨਾਮੁ ਗੁਰਸਬਦੀ ਵੀਚਾਰੇ ਰਾਮ ॥ ਹਰਿ ਮਨੁ ਤਨੋ ਗੁਰਮੁਖਿ ਭੀਜੈ ਰਾਮ ਨਾਮੁ ਪਿਆਰੇ ਰਾਮ ॥ ਰਾਮ ਨਾਮੁ ਪਿਆਰੇ ਸਭਿ ਕੁਲ ਉਧਾਰੇ ਰਾਮ ਨਾਮੁ ਮੁਖਿ ਬਾਣੀ ॥ ਆਵਣ ਜਾਣ ਰਹੇ ਸੁਖੁ ਪਾਇਆ ਘਰਿ ਅਨਹਦ ਸੁਰਤਿ ਸਮਾਣੀ ॥ ਹਰਿ ਹਰਿ ਏਕੋ ਪਾਇਆ ਹਰਿ ਪ੍ਰਭੁ ਨਾਨਕ ਕਿਰਪਾ ਧਾਰੇ ॥ ਸੋਹਿਲੜਾ ਹਰਿ ਰਾਮ ਨਾਮੁ ਗੁਰਸਬਦੀ ਵੀਚਾਰੇ ॥੧॥ {ਪੰਨਾ ੭੭੨}

ਪਦ ਅਰਥ :—ਸੋਹਿਲੜਾ—ਆਨੰਦ ਦੀ ਲਹਿਰ । ਗੁਰਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ । ਰਾਮ ਨਾਮੁ ਵੀਚਾਰੇ—ਹਰਿ-ਨਾਮ ਨੂੰ ਵਿਚਾਰਦਾ ਹੈ । ਤਨੋ—ਤਨੁ । ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ । ਪਿਆਰੇ—ਪਿਆਰ ਕਰਦਾ ਹੈ । ਸਭਿ—ਸਾਰੇ । ਉਧਾਰੇ—ਪਾਰ ਲੰਘਾ ਲੈਂਦਾ ਹੈ । ਮੁਖਿ—ਮੂੰਹ ਨਾਲ । ਰਹੇ—ਮੁੱਕ ਜਾਂਦੇ ਹਨ । ਘਰਿ—ਹਿਰਦੇ-ਘਰ ਵਿਚ । ਅਨਹਦ—ਇਕ-ਰਸ (ਸੁਖ) । ਸਮਾਣੀ—ਜੁੜ ਜਾਂਦੀ ਹੈ ।੧।

ਅਰਥ :—ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੇ ਨਾਮ ਨੂੰ ਵਿਚਾਰਦਾ ਹੈ, ਉਸ ਦੇ ਅੰਦਰ ਆਨੰਦ ਦੀ ਲਹਿਰ ਚੱਲੀ ਰਹਿੰਦੀ ਹੈ । ਗੁਰੂ ਦੇ ਸਨਮੁਖ ਰਹਿਣ ਵਾਲਾ ਉਸ ਦਾ ਮਨ ਉਸ ਦਾ ਹਿਰਦਾ ਪਰਮਾਤਮਾ (ਦੇ ਪਿਆਰ-ਰਸ) ਵਿਚ ਭਿੱਜ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਨੂੰ ਪਿਆਰ ਕਰਦਾ ਹੈ । ਉਹ ਮਨੁੱਖ ਪਰਮਾਤਮਾ ਦੇ ਨਾਮ ਨਾਲ ਪਿਆਰ ਕਰਦਾ ਹੈ । ਪਰਮਾਤਮਾ ਦਾ ਨਾਮ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਹ ਆਪਣੇ ਮੂੰਹ ਨਾਲ ਉਚਾਰਦਾ ਹੈ, ਤੇ, ਆਪਣੀਆਂ ਸਾਰੀਆਂ ਕੁਲਾਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ । ਉਸ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, ਉਹ ਆਪਣੇ ਹਿਰਦੇ-ਘਰ ਵਿਚ ਇਕ-ਰਸ ਆਨੰਦ ਮਾਣਦਾ ਰਹਿੰਦਾ ਹੈ, ਉਸ ਦੀ ਸੁਰਤਿ (ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦੀ ਹੈ । ਹੇ ਨਾਨਕ! ਪਰਮਾਤਮਾ ਉਸ ਮਨੁੱਖ

ਉਤੇ ਮੇਹਰ ਕਰਦਾ ਹੈ, ਉਹ ਮਨੁੱਖ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ । ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਨਾਮ ਨੂੰ ਵਿਚਾਰਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਦੀ ਰੌ ਚੱਲ ਪੈਂਦੀ ਹੈ ।੧।

ਹਮ ਨੀਵੀ ਪ੍ਰਭੁ ਅਤਿ ਊਚਾ ਕਿਉ ਕਰਿ ਮਿਲਿਆ ਜਾਏ ਰਾਮ ॥ ਗੁਰਿ ਮੇਲੀ ਬਹੁ ਕਿਰਪਾ ਧਾਰੀ ਹਰਿ ਕੈ ਸਬਦਿ ਸੁਭਾਏ ਰਾਮ ॥ ਮਿਲੁ ਸਬਦਿ ਸੁਭਾਏ ਆਪੁ ਗਵਾਏ ਰੰਗ ਸਿਉ ਰਲੀਆ ਮਾਣੇ ॥ ਸੇਜ ਸੁਖਾਲੀ ਜਾ ਪ੍ਰਭੁ ਭਾਇਆ ਹਰਿ ਹਰਿ ਨਾਮਿ ਸਮਾਣੇ ॥ ਨਾਨਕ ਸੋਹਾਗਣਿ ਸਾ ਵਡਭਾਗੀ ਜੇ ਚਲੈ ਸਤਿਗੁਰ ਭਾਏ ॥ ਹਮ ਨੀਵੀ ਪ੍ਰਭੁ ਅਤਿ ਊਚਾ ਕਿਉ ਕਰਿ ਮਿਲਿਆ ਜਾਏ ਰਾਮ ॥੨॥ {ਪੰਨਾ ੭੭੨}

ਪਦ ਅਰਥ :—ਹਮ—ਅਸੀ ਜੀਵ-ਇਸਤ੍ਰੀਆਂ । ਨੀਵੀ—(ਆਤਮਕ ਜੀਵਨ ਦੀ) ਨੀਵੀਂ ਪੱਧਰ ਤੇ । ਕਿਉ ਕਰਿ—ਕਿਵੇਂ? ਗੁਰਿ—ਗੁਰੂ ਨੇ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਸੁਭਾਏ—ਸੁਭਾਇ, ਪਿਆਰ ਵਿਚ (ਲੀਨ) । ਮਿਲਿ—ਮਿਲ ਕੇ । ਆਪੁ—ਆਪਾ-ਭਾਵ । ਸਿਉ—ਨਾਲ । ਰਲੀਆ—ਰਲੀਆਂ, ਆਤਮਕ ਆਨੰਦ । ਸੇਜ—ਹਿਰਦਾ-ਸੇਜ । ਸੁਖਾਲੀ—ਸੁਖ-ਭਰਪੂਰ । ਜਾ—ਜਦੋਂ । ਭਾਇਆ—ਪਿਆਰਾ ਲੱਗਦਾ ਹੈ । ਨਾਮਿ—ਨਾਮ ਵਿਚ । ਸੋਹਾਗਣਿ—ਖਸਮ ਵਾਲੀ । ਭਾਏ—ਭਾਇ, ਰਜ਼ਾ ਵਿਚ ।੨।

ਅਰਥ :—ਹੇ ਭਾਈ! ਅਸੀ ਜੀਵ-ਇਸਤ੍ਰੀਆਂ (ਆਤਮਕ ਜੀਵਨ ਦੀ) ਨੀਵੀਂ ਪੱਧਰ ਤੇ ਹਾਂ, ਪ੍ਰਭੂ (ਇਸ ਪੱਧਰ ਨਾਲੋਂ) ਬਹੁਤ ਉੱਚਾ ਹੈ, ਫਿਰ ਸਾਡਾ ਉਸ ਨਾਲ ਮਿਲਾਪ ਕਿਵੇਂ ਹੋ ਸਕੇ? (ਉੱਤਰ) ਜਿਸ ਉਤੇ ਗੁਰੂ ਨੇ ਕਿਰਪਾ ਕਰ ਦਿੱਤੀ, ਉਸ ਨੂੰ (ਪ੍ਰਭੂ-ਚਰਨਾਂ ਵਿਚ) ਜੋੜ ਦਿੱਤਾ । ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਪ੍ਰਭੂ ਦੇ ਪਿਆਰ ਵਿਚ ਲੀਨ ਹੋ ਜਾਂਦੀ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਪ੍ਰਭੂ ਵਿਚ ਮਿਲ ਕੇ ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦੀ ਹੈ, ਅਤੇ ਪ੍ਰੇਮ ਵਿਚ ਪ੍ਰਭੂ ਦਾ ਮਿਲਾਪ ਮਾਣਦੀ ਹੈ । ਜਦੋਂ ਉਸ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ ਉਸ ਦੇ ਹਿਰਦੇ ਦੀ ਸੇਜ ਆਨੰਦ-ਭਰਪੂਰ ਹੋ ਜਾਂਦੀ ਹੈ, ਉਹ ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦੀ ਹੈ । ਹੇ ਨਾਨਕ! ਸੁਹਾਗ-ਭਾਗ ਵਾਲੀ ਜੀਵ-ਇਸਤ੍ਰੀ ਜਦੋਂ ਗੁਰੂ ਦੀ ਰਜ਼ਾ ਅਨੁਸਾਰ ਤੁਰਦੀ ਹੈ ਤਾਂ ਉਹ ਵੱਡੀ ਕਿਸਮਤ ਵਾਲੀ ਬਣ ਜਾਂਦੀ ਹੈ । (ਉਂਞ ਤਾਂ) ਅਸੀ ਜੀਵ-ਇਸਤ੍ਰੀਆਂ (ਆਤਮਕ ਜੀਵਨ ਦੀ) ਨੀਵੀਂ ਪੱਧਰ ਤੇ ਹਾਂ ਪ੍ਰਭੂ (ਇਸ ਪੱਧਰ ਨਾਲੋਂ) ਬਹੁਤ ਉੱਚਾ ਹੈ, ਉਸ ਨਾਲ ਸਾਡਾ ਮੇਲ ਨਹੀਂ ਹੋ ਸਕਦਾ ।੨।

ਘਟਿ ਘਟੇ ਸਭਨਾ ਵਿਚਿ ਏਕੋ ਏਕੋ ਰਾਮ ਭਤਾਰੋ ਰਾਮ ॥੨॥ ਇਕਨਾ ਪ੍ਰਭੁ ਦੂਰਿ ਵਸੈ ਇਕਨਾ ਮਨਿ ਆਧਾਰੋ ਰਾਮ ॥ ਇਕਨਾ ਮਨ ਆਧਾਰੋ ਸਿਰਜਣਹਾਰੋ ਵਡਭਾਗੀ ਗੁਰੁ ਪਾਇਆ ॥ ਘਟਿ ਘਟਿ ਹਰਿ ਪ੍ਰਭੁ ਏਕੋ ਸੁਆਮੀ ਗੁਰਮੁਖਿ ਅਲਖੁ ਲਖਾਇਆ ॥ ਸਹਜੇ ਅਨਦੁ ਹੋਆ ਮਨੁ ਮਾਨਿਆ ਨਾਨਕ ਬ੍ਰਹਮ ਬੀਚਾਰੋ ॥ ਘਟਿ ਘਟੇ ਸਭਨਾ ਵਿਚਿ ਏਕੋ ਏਕੋ ਰਾਮ ਭਤਾਰੋ ਰਾਮ ॥੩॥ {ਪੰਨਾ ੭੭੨}

ਪਦ ਅਰਥ :—ਘਟਿ ਘਟੇ—ਘਟਿ ਘਟਿ, ਹਰੇਕ ਸਰੀਰ ਵਿਚ । ਏਕੋ ਰਾਮ ਭਤਾਰੋ—ਇਕ ਪ੍ਰਭੂ ਖਸਮ ਹੀ । ਮਨਿ—ਮਨ ਵਿਚ । ਆਧਾਰੋ—ਆਸਰਾ । ਸਿਰਜਣਹਾਰੋ—ਸਭ ਨੂੰ ਪੈਦਾ ਕਰਨ ਵਾਲਾ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲਾ ਮਨੁੱਖ । ਅਲਖੁ—ਅਦ੍ਰਿਸ਼ਟ ਪ੍ਰਭੂ । ਸਹਜੇ—ਆਤਮਕ ਅਡੋਲਤਾ ਵਿਚ । ਮਾਨਿਆ—ਪਤੀਜ ਜਾਂਦਾ ਹੈ । ਬ੍ਰਹਮ ਬੀਚਾਰੋ—ਪਰਮਾਤਮਾ (ਦੇ ਗੁਣਾਂ) ਦੀ ਵਿਚਾਰ । ਭਤਾਰੋ—ਭਤਾਰੁ, ਖਸਮ ।੩।

ਅਰਥ :—ਹੇ ਭਾਈ! ਹਰੇਕ ਸਰੀਰ ਵਿਚ, ਸਭ ਜੀਵਾਂ ਵਿਚ ਇਕ ਪ੍ਰਭੂ-ਖਸਮ ਹੀ ਵੱਸ ਰਿਹਾ ਹੈ । ਪਰ, ਕਈ ਜੀਵਾਂ ਨੂੰ ਉਹ ਪ੍ਰਭੂ ਕਿਤੇ ਦੂਰ ਵੱਸਦਾ ਜਾਪਦਾ ਹੈ, ਤੇ, ਕਈ ਜੀਵਾਂ ਦੇ ਮਨ ਵਿਚ ਉਸ ਪ੍ਰਭੂ ਦਾ ਹੀ ਆਸਰਾ ਹੈ । ਸਭ ਨੂੰ ਪੈਦਾ ਕਰਨ ਵਾਲਾ ਪ੍ਰਭੂ ਹੀ ਕਈ ਜੀਵਾਂ ਦੇ ਮਨ ਦਾ ਸਹਾਰਾ ਹੈ (ਕਿਉਂਕਿ ਉਹਨਾਂ ਨੇ) ਵੱਡੇ ਭਾਗਾਂ ਨਾਲ ਗੁਰੂ ਲੱਭ ਲਿਆ ਹੈ ।

ਹੇ ਭਾਈ! ਹਰੇਕ ਸਰੀਰ ਵਿਚ ਇਕ ਮਾਲਕ-ਪ੍ਰਭੂ ਹੀ ਵੱਸਦਾ ਹੈ, ਗੁਰੂ ਦੀ ਸਰਨ ਰਹਿਣ ਵਾਲੇ ਮਨੁੱਖ ਨੇ ਉਸ ਅਦ੍ਰਿਸ਼ਟ ਪ੍ਰਭੂ ਨੂੰ (ਹਰੇਕ ਸਰੀਰ ਵਿਚ ਵੱਸਦਾ) ਵੇਖ ਲਿਆ ਹੈ । ਹੇ ਨਾਨਕ! ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਸ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ, ਉਸ ਦਾ ਮਨ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ ਵਿਚ ਪਤੀਜਿਆ ਰਹਿੰਦਾ ਹੈ । ਹਰੇਕ ਸਰੀਰ ਵਿਚ ਸਭ ਜੀਵਾਂ ਵਿਚ ਇਕ ਪ੍ਰਭੂ-ਖਸਮ ਹੀ ਵੱਸ ਰਿਹਾ ਹੈ ।੩।

ਗੁਰੁ ਸੇਵਨਿ ਸਤਿਗੁਰੁ ਦਾਤਾ ਹਰਿ ਹਰਿ ਨਾਮਿ ਸਮਾਇਆ ਰਾਮ ॥ ਹਰਿ ਧੂੜਿ ਦੇਵਹੁ ਮੈ ਪੂਰੇ ਗੁਰ ਕੀ ਹਮ ਪਾਪੀ ਮੁਕਤੁ ਕਰਾਇਆ ਰਾਮ ॥ ਪਾਪੀ ਮੁਕਤੁ ਕਰਾਏ ਆਪੁ ਗਵਾਏ ਨਿਜ ਘਰਿ ਪਾਇਆ ਵਾਸਾ ॥ ਬਿਬੇਕ ਬੁਧੀ ਸੁਖਿ ਰੈਣਿ ਵਿਹਾਣੀ ਗੁਰਮਤਿ ਨਾਮਿ ਪ੍ਰਗਾਸਾ ॥ ਹਰਿ ਹਰਿ ਅਨਦੁ ਭਇਆ ਦਿਨੁ ਰਾਤੀ ਨਾਨਕ ਹਰਿ ਮੀਠ ਲਗਾਏ ॥ ਗੁਰੁ ਸੇਵਨਿ ਸਤਿਗੁਰੁ ਦਾਤਾ ਹਰਿ ਹਰਿ ਨਾਮਿ ਸਮਾਏ ॥੪॥੬॥੭॥੫॥੭॥੧੨॥ {ਪੰਨਾ ੭੭੨}

ਪਦ ਅਰਥ :—ਸੇਵਨਿ—(ਜੇਹੜੇ ਮਨੁੱਖ) ਸੇਂਵਦੇ ਹਨ, ਸਰਨ ਪੈਂਦੇ ਹਨ । ਨਾਮਿ—ਨਾਮ ਵਿਚ । ਹਰਿ—ਹੇ ਹਰੀ! ਮੈ—ਮੈਨੂੰ । ਆਪੁ—ਆਪਾ-ਭਾਵ । ਨਿਜ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ-ਚਰਨਾਂ ਵਿਚ । ਬਿਬੇਕ ਬੁਧੀ—ਚੰਗੇ ਮੰਦੇ ਦੀ ਪਰਖ ਕਰਨ ਵਾਲੀ ਅਕਲ । ਸੁਖਿ—ਸੁਖ ਵਿਚ, ਆਤਮਕ ਆਨੰਦ ਵਿਚ । ਰੈਣਿ—(ਜ਼ਿੰਦਗੀ ਦੀ) ਰਾਤ । ਨਾਮਿ—ਨਾਮ ਦੀ ਰਾਹੀਂ । ਪ੍ਰਗਾਸਾ—(ਆਤਮਕ ਜੀਵਨ ਦਾ) ਚਾਨਣ ।੪।

ਅਰਥ :—ਹੇ ਭਾਈ! ਜੇਹੜੇ ਮਨੁੱਖ ਹਰਿ-ਨਾਮ ਦੀ ਦਾਤਿ ਦੇਣ ਵਾਲੇ ਗੁਰੂ ਦੀ ਸਰਨ ਪੈਂਦੇ ਹਨ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ । ਹੇ ਹਰੀ! ਮੈਨੂੰ ਭੀ ਪੂਰੇ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ । ਗੁਰੂ ਅਸਾਂ ਪਾਪੀ ਜੀਵਾਂ ਨੂੰ (ਵਿਕਾਰਾਂ ਤੋਂ) ਆਜ਼ਾਦ ਕਰ ਦੇਂਦਾ ਹੈ । ਗੁਰੂ ਵਿਕਾਰੀ ਜੀਵਾਂ ਨੂੰ ਵਿਕਾਰਾਂ ਤੋਂ ਸੁਤੰਤਰ ਕਰ ਦੇਂਦਾ ਹੈ, (ਉਹਨਾਂ ਦੇ ਅੰਦਰੋਂ) ਆਪਾ-ਭਾਵ ਦੂਰ ਕਰ ਦੇਂਦਾ ਹੈ । (ਗੁਰੂ ਦੀ ਸਰਨ ਆਏ ਮਨੁੱਖ) ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲੈਂਦੇ ਹਨ । (ਗੁਰੂ ਪਾਸੋਂ) ਚੰਗੇ ਮੰਦੇ ਕੰਮ ਦੀ ਪਰਖ ਕਰ ਸਕਣ ਵਾਲੀ ਅਕਲ ਪ੍ਰਾਪਤ ਕਰ ਕੇ ਉਹਨਾਂ ਦੀ (ਜ਼ਿੰਦਗੀ ਦੀ) ਰਾਤ ਆਨੰਦ ਵਿਚ ਬੀਤਦੀ ਹੈ । ਗੁਰੂ ਦੀ ਮਤਿ ਦਾ ਸਦਕਾ ਹਰਿ-ਨਾਮ ਦੀ ਰਾਹੀਂ (ਉਹਨਾਂ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ । ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਨੂੰ ਹਰਿ-ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ, ਦਿਨ ਰਾਤ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਹੋਏ ਰਹਿੰਦੇ ਹਨ ।੪।੬।੭।੫।੭।੧੨।

ਨੋਟ—
ਛੰਤ ਮਹਲਾ ੩ ਘਰੁ ੩ — ੬
ਛੰਤ ਮਹਲਾ ੩ ਘਰੁ ੨ — ੧
. . . . ——
. . . . ਜੋੜ ੭
ਛੰਤ ਮਹਲਾ ੧ — ੫
ਛੰਤ ਮਹਲਾ ੩ — ੭
. . . . ——
. . ਜੋੜ ੧੨

ਰਾਗੁ ਸੂਹੀ ਮਹਲਾ ੪ ਛੰਤ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਸਤਿਗੁਰੁ ਪੁਰਖੁ ਮਿਲਾਇ ਅਵਗਣ ਵਿਕਣਾ ਗੁਣ ਰਵਾ ਬਲਿ ਰਾਮ ਜੀਉ ॥ ਹਰਿ ਹਰਿ ਨਾਮੁ ਧਿਆਇ ਗੁਰਬਾਣੀ ਨਿਤ ਨਿਤ ਚਵਾ ਬਲਿ ਰਾਮ ਜੀਉ ॥ ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ ॥ ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ ॥ ਕਾਇਆ ਸੇਜ ਗੁਰ ਸਬਦਿ ਸੁਖਾਲੀ ਗਿਆਨ ਤਤਿ ਕਰਿ ਭੋਗੋ ॥ ਅਨਦਿਨੁ ਸੁਖਿ ਮਾਣੇ ਨਿਤ ਰਲੀਆ ਨਾਨਕ ਧੁਰਿ ਸੰਜੋਗੋ ॥੧॥ {ਪੰਨਾ 773}

ਪਦ ਅਰਥ :—ਵਿਕਣਾ—ਵੇਚਦਿਆਂ, ਦੂਰ ਕਰਦਿਆਂ । ਰਵਾ—ਰਵਾਂ, ਮੈਂ ਯਾਦ ਕਰਾਂ । ਬਲਿ—ਸਦਕੇ । ਰਾਮ ਜੀਉ—ਹੇ ਰਾਮ ਜੀ! ਚਵਾ—ਚਵਾਂ, ਮੈਂ ਉਚਾਰਦਾ ਰਹਾਂ । ਸਦ—ਸਦਾ । ਸਹਜੇ ਸਹਜਿ—ਸਹਜਿ ਹੀ ਸਹਜਿ, ਸਦਾ ਆਤਮਕ ਅਡੋਲਤਾ ਵਿਚ । ਕਾਇਮ—ਸਰੀਰ । ਸਬਦਿ—ਸ਼ਬਦ ਦੀ ਬਰਕਤਿ ਨਾਲ । ਸੁਖਾਲੀ—ਸੌਖੀ । ਗਿਆਨ—ਆਤਮਕ ਜੀਵਨ ਦੀ ਸੂਝ । ਤਤਿ—ਤੱਤ ਵਿਚ । ਗਿਆਨ ਤਤਿ—ਆਤਮਕ ਜੀਵਨ ਦੀ ਸੂਝ ਦੇ ਮੂਲ-ਪ੍ਰਭੂ ਵਿਚ (ਜੁੜ ਕੇ) । ਕਰਿ—ਕਰੇ, ਕਰਦੀ ਹੈ । ਕਰਿ ਭੋਗੋ—ਮਿਲਾਪ ਦਾ ਸੁਖ ਮਾਣਦੀ ਹੈ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਸੁਖਿ—ਸੁਖ ਵਿਚ । ਧੁਰਿ—ਧੁਰ ਦਰਗਾਹ ਤੋਂ । ਸੰਜੋਗੋ—ਮਿਲਾਪ ।੧।

ਅਰਥ :—ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ । ਮੈਨੂੰ ਗੁਰੂ-ਪੁਰਖ ਮਿਲਾ (ਜਿਸ ਦੀ ਰਾਹੀਂ) ਮੈਂ (ਤੇਰੇ) ਗੁਣ ਯਾਦ ਕਰਾਂ, ਅਤੇ (ਇਹਨਾਂ ਗੁਣਾਂ ਦੇ ਵੱਟੇ) ਔਗੁਣ ਵੇਚ ਦਿਆਂ (ਦੂਰ ਕਰ ਦਿਆਂ) । ਹੇ ਹਰੀ! ਤੇਰਾ ਨਾਮ ਸਿਮਰ ਸਿਮਰ ਕੇ ਮੈਂ ਸਦਾ ਹੀ ਗੁਰੂ ਦੀ ਬਾਣੀ ਉਚਾਰਾਂ ।

ਜਿਸ ਜੀਵ-ਇਸਤ੍ਰੀ ਨੂੰ ਗੁਰੂ ਦੀ ਬਾਣੀ ਸਦਾ ਪਿਆਰੀ ਲੱਗਦੀ ਹੈ, ਉਹ (ਆਪਣੇ ਅੰਦਰੋਂ) ਪਾਪ ਵਿਕਾਰ ਦੂਰ ਕਰ ਲੈਂਦੀ ਹੈ, ਉਸ ਦਾ ਹਉਮੈ ਦਾ ਰੋਗ ਮੁੱਕ ਜਾਂਦਾ ਹੈ, ਹਰੇਕ ਕਿਸਮ ਦਾ ਡਰ-ਸਹਿਮ ਭੱਜ ਜਾਂਦਾ ਹੈ, ਉਹ ਸਦਾ ਸਦਾ ਹੀ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਦੇ ਹਿਰਦੇ ਵਿਚ ਸੇਜ ਸੁਖ ਨਾਲ ਭਰਪੂਰ ਹੋ ਜਾਂਦੀ ਹੈ (ਸੁਖ ਦਾ ਘਰ ਬਣ ਜਾਂਦੀ ਹੈ), ਆਤਮਕ ਜੀਵਨ ਦੀ ਸੂਝ ਦੇ ਮੂਲ-ਪ੍ਰਭੂ ਵਿਚ ਜੁੜ ਕੇ ਉਹ ਪ੍ਰਭੂ ਦੇ ਮਿਲਾਪ ਦਾ ਸੁਖ ਮਾਣਦੀ ਹੈ । ਹੇ ਨਾਨਕ! ਧੁਰ ਦਰਗਾਹ ਤੋਂ ਜਿਸ ਦੇ ਭਾਗਾਂ ਵਿਚ ਸੰਜੋਗ ਲਿਖਿਆ ਹੁੰਦਾ ਹੈ, ਉਹ ਹਰ ਵੇਲੇ ਆਨੰਦ ਵਿਚ ਟਿਕੀ ਰਹਿ ਕੇ ਸਦਾ (ਪ੍ਰਭੂ-ਮਿਲਾਪ ਦਾ) ਸੁਖ ਮਾਣਦੀ ਹੈ ।੧।

ਸਤੁ ਸੰਤੋਖੁ ਕਰਿ ਭਾਉ ਕੁੜਮੁ ਕੁੜਮਾਈ ਆਇਆ ਬਲਿ ਰਾਮ ਜੀਉ ॥ ਸੰਤ ਜਨਾ ਕਰਿ ਮੇਲੁ ਗੁਰਬਾਣੀ ਗਾਵਾਈਆ ਬਲਿ ਰਾਮ ਜੀਉ ॥ ਬਾਣੀ ਗੁਰ ਗਾਈ ਪਰਮ ਗਤਿ ਪਾਈ ਪੰਚ ਮਿਲੇ ਸੋਹਾਇਆ ॥ ਗਇਆ ਕਰੋਧੁ ਮਮਤਾ ਤਨਿ ਨਾਠੀ ਪਾਖੰਡੁ ਭਰਮੁ ਗਵਾਇਆ ॥ ਹਉਮੈ ਪੀਰ ਗਈ ਸੁਖੁ ਪਾਇਆ ਆਰੋਗਤ ਭਏ ਸਰੀਰਾ ॥ ਗੁਰ ਪਰਸਾਦੀ ਬ੍ਰਹਮੁ ਪਛਾਤਾ ਨਾਨਕ ਗੁਣੀ ਗਹੀਰਾ ॥੨॥ {ਪੰਨਾ 773}

ਪਦ ਅਰਥ :—ਸਤੁ—ਦਾਨ, ਸੇਵਾ । ਕਰਿ—ਕਰ, ਪੈਦਾ ਕਰ ਕੇ । ਭਾਉ—ਪ੍ਰੇਮ । ਕੁੜਮੁ—ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਾਲ ਮਿਲਾਣ ਵਾਲਾ ਵਿਚੋਲਾ, ਗੁਰੂ । ਕੁੜਮਾਈ—ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਕਰਨ ਲਈ । ਕਰਿ ਮੇਲੁ—ਇਕੱਠ ਕਰ ਕੇ, ਸਾਧ-ਸੰਗਤਿ ਇਕੱਤ੍ਰ ਕਰ ਕੇ । ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ । ਪੰਚ—ਗਿਆਨ-ਇੰਦ੍ਰੇ । ਸੋਹਾਇਆ—(ਹਿਰਦਾ-ਥਾਂ) ਸੋਹਣਾ ਬਣ ਗਿਆ । ਤਨਿ—ਸਰੀਰ ਵਿਚ । ਨਾਠੀ—ਨੱਸ ਗਈ । ਪੀਰ—ਪੀੜ । ਆਰੋਗਤ—ਨਿਰੋਆ, ਅਰੋਗ । ਪਰਸਾਦੀ—ਕਿਰਪਾ ਨਾਲ । ਬ੍ਰਹਮੁ ਪਛਾਤਾ—ਪਰਮਾਤਮਾ ਨਾਲ ਸਾਂਝ ਬਣਾ ਲਈ । ਗੁਣੀ—ਗੁਣਾਂ ਦਾ ਖ਼ਜ਼ਾਨਾ । ਗਹੀਰਾ—ਡੂੰਘੇ ਜਿਗਰੇ ਵਾਲਾ ।੨।

ਅਰਥ :—ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ । (ਜਿਸ ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਨਾਲ ਮਿਲਾਣ ਵਾਸਤੇ ਵਿਚੋਲਾ-ਗੁਰੂ ਆ ਕੇ ਮਿਲ ਪਿਆ (ਉਸ ਦੇ ਹਿਰਦੇ ਵਿਚ) ਸੇਵਾ ਸੰਤੋਖ ਪ੍ਰੇਮ ਆਦਿਕ ਗੁਣ ਪੈਦਾ ਕਰ ਕੇ, ਸਾਧਸੰਗਤਿ ਦਾ (ਉਸ ਨਾਲ) ਮੇਲ ਕਰ ਕੇ ਗੁਰੂ ਨੇ (ਉਸ ਨੂੰ) ਸਿਫ਼ਤਿ-ਸਾਲਾਹ ਦੀ ਬਾਣੀ ਗਾਵਣ ਦੀ ਪ੍ਰੇਰਨਾ ਕੀਤੀ ।

ਜਦੋਂ ਜੀਵ-ਇਸਤ੍ਰੀ ਨੇ ਗੁਰੂ ਦੀ ਉਚਾਰੀ ਹੋਈ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਗਾਣੀ ਸ਼ੁਰੂ ਕੀਤੀ, ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈ, ਉਸ ਦੇ ਗਿਆਨ-ਇੰਦ੍ਰੇ (ਵਿਕਾਰਾਂ ਵਲ ਦੌੜਨ ਦੇ ਥਾਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਿਚ) ਮਿਲ ਬੈਠੇ, ਤੇ ਸੋਹਣੇ ਲੱਗਣ ਲੱਗ ਪਏ । ਉਸ ਦੇ ਅੰਦਰੋਂ ਕ੍ਰੋਧ ਦੂਰ ਹੋ ਗਿਆ, ਉਸ ਦੇ ਸਰੀਰ ਵਿਚ ਵੱਸਦੀ ਮਮਤਾ ਨੱਸ ਗਈ, ਉਸ ਦਾ ਪਖੰਡ ਦੂਰ ਹੋ ਗਿਆ, ਭਟਕਣਾ ਦੂਰ ਹੋ ਗਈ । (ਉਸ ਦੇ ਅੰਦਰੋਂ) ਹਉਮੈ ਦੀ ਪੀੜ ਚਲੀ ਗਈ, ਉਸ ਦਾ ਸਾਰਾ ਸਰੀਰ ਨਿਰੋਆ ਹੋ ਗਿਆ, ਤੇ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਗਿਆ । ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਉਸ ਜੀਵ-ਇਸਤ੍ਰੀ ਨੇ ਗੁਣਾਂ ਦੇ ਮਾਲਕ ਡੂੰਘੇ ਜਿਗਰੇ ਵਾਲੇ ਪਰਮਾਤਮਾ ਨਾਲ ਸਾਂਝ ਪਾ ਲਈ ।੨।

ਮਨਮੁਖਿ ਵਿਛੁੜੀ ਦੂਰਿ ਮਹਲੁ ਨ ਪਾਏ ਬਲਿ ਗਈ ਬਲਿ ਰਾਮ ਜੀਉ ॥ ਅੰਤਰਿ ਮਮਤਾ ਕੂਰਿ ਕੂੜੁ ਵਿਹਾਝੇ ਕੂੜਿ ਲਈ ਬਲਿ ਰਾਮ ਜੀਉ ॥ ਕੂੜੁ ਕਪਟੁ ਕਮਾਵੈ ਮਹਾ ਦੁਖੁ ਪਾਵੈ ਵਿਣੁ ਸਤਿਗੁਰ ਮਗੁ ਨ ਪਾਇਆ ॥ ਉਝੜ ਪੰਥਿ ਭ੍ਰਮੈ ਗਾਵਾਰੀ ਖਿਨੁ ਖਿਨੁ ਧਕੇ ਖਾਇਆ ॥ ਆਪੇ ਦਇਆ ਕਰੇ ਪ੍ਰਭੁ ਦਾਤਾ ਸਤਿਗੁਰੁ ਪੁਰਖੁ ਮਿਲਾਏ ॥ ਜਨਮ ਜਨਮ ਕੇ ਵਿਛੁੜੇ ਜਨ ਮੇਲੇ ਨਾਨਕ ਸਹਜਿ ਸੁਭਾਏ ॥੩॥ {ਪੰਨਾ ੭੭੩}

ਪਦ ਅਰਥ :—ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ । ਮਹਲੁ—ਪ੍ਰਭੂ ਦੀ ਹਜ਼ੂਰੀ । ਬਲਿ ਗਈ—(ਤ੍ਰਿਸ਼ਨਾ ਦੀ ਅੱਗ ਵਿਚ) ਸੜ ਜਾਂਦੀ ਹੈ । ਕੂਰਿ ਮਮਤਾ—ਕੂੜੀ ਮਮਤਾ । ਵਿਹਾਝੇ—ਵਣਜਦੀ ਹੈ, ਖ਼ਰੀਦਦੀ ਹੈ । ਕੂੜਿ ਲਈ—ਕੂੜ ਨੇ ਉਸ ਨੂੰ ਗ੍ਰਸ ਲਿਆ ਹੈ । ਕਪਟੁ—ਠੱਗੀ । ਮਗੁ—(ਸਹੀ ਜੀਵਨ ਦਾ) ਰਸਤਾ । ਉਝੜ ਪੰਥਿ—ਉਜਾੜ ਦੇ ਰਸਤੇ ਉਤੇ । ਭ੍ਰਮੈ—ਭਟਕਦੀ ਫਿਰਦੀ ਹੈ । ਗਾਵਾਰੀ—ਮੂਰਖ ਜੀਵ-ਇਸਤ੍ਰੀ । ਆਪੇ—ਆਪ ਹੀ । ਸਤਿਗੁਰੁ ਪੁਰਖੁ—ਸਮਰੱਥ ਗੁਰੂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪ੍ਰੇਮ ਵਿਚ ।੩।

ਅਰਥ :—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲੋਂ ਵਿਛੁੜੀ ਰਹਿੰਦੀ ਹੈ, (ਉਸ ਦੇ ਚਰਨਾਂ ਤੋਂ) ਦੂਰ ਰਹਿੰਦੀ ਹੈ, ਉਸ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦੀ, (ਤ੍ਰਿਸ਼ਨਾ ਦੀ ਅੱਗ ਵਿਚ) ਸੜੀ ਰਹਿੰਦੀ ਹੈ । ਉਸ ਦੇ ਅੰਦਰ ਝੂਠੀ ਮਮਤਾ ਬਣੀ ਰਹਿੰਦੀ ਹੈ, ਉਹ ਸਦਾ ਨਾਸਵੰਤ ਮਾਇਆ ਹੀ ਇਕੱਠੀ ਕਰਦੀ ਹੈ, ਮਾਇਆ ਉਸ ਨੂੰ ਸਦਾ ਗ੍ਰਸੀ ਰੱਖਦੀ ਹੈ । ਉਹ ਜੀਵ-ਇਸਤ੍ਰੀ (ਮਾਇਆ ਦੀ ਖ਼ਾਤਰ ਸਦਾ) ਝੂਠ ਠੱਗੀ (ਆਦਿਕ ਦੀ) ਕਾਰ ਕਰਦੀ ਹੈ, ਬੜਾ ਦੁੱਖ ਸਹਾਰਦੀ ਰਹਿੰਦੀ ਹੈ, ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਨੂੰ (ਜ਼ਿੰਦਗੀ ਦਾ ਸਹੀ) ਰਸਤਾ ਨਹੀਂ ਲੱਭਦਾ । ਉਹ ਮੂਰਖ ਜੀਵ-ਇਸਤ੍ਰੀ ਉਜਾੜ ਦੇ ਰਸਤੇ ਵਿਚ (ਜਿਥੇ ਕਾਮਾਦਿਕ ਲੁਟੇਰੇ ਲੁੱਟ ਲੈਂਦੇ ਹਨ) ਭਟਕਦੀ ਫਿਰਦੀ ਹੈ, ਤੇ ਹਰ ਵੇਲੇ ਧੱਕੇ ਖਾਂਦੀ ਹੈ ।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਉਤੇ ਦਾਤਾਰ ਪ੍ਰਭੂ ਆਪ ਹੀ ਦਇਆ ਕਰਦਾ ਹੈ, ਉਹਨਾਂ ਨੂੰ ਸਮਰੱਥ ਗੁਰੂ ਮਿਲਾ ਦੇਂਦਾ ਹੈ, ਗੁਰੂ ਉਹਨਾਂ ਅਨੇਕਾਂ ਜਨਮਾਂ ਦੇ ਵਿਛੁੜੇ ਹੋਇਆਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕਾ ਕੇ ਪ੍ਰਭੂ ਨਾਲ ਮਿਲਾ ਦੇਂਦਾ ਹੈ ।੩।

ਆਇਆ ਲਗਨੁ ਗਣਾਇ ਹਿਰਦੈ ਧਨ ਓਮਾਹੀਆ ਬਲਿ ਰਾਮ ਜੀਉ ॥ ਪੰਡਿਤ ਪਾਧੇ ਆਣਿ ਪਤੀ ਬਹਿ ਵਾਚਾਈਆ ਬਲਿ ਰਾਮ ਜੀਉ ॥ ਪਤੀ ਵਾਚਾਈ ਮਨਿ ਵਜੀ ਵਧਾਈ ਜਬ ਸਾਜਨ ਸੁਣੇ ਘਰਿ ਆਏ ॥ ਗੁਣੀ ਗਿਆਨੀ ਬਹਿ ਮਤਾ ਪਕਾਇਆ ਫੇਰੇ ਤਤੁ ਦਿਵਾਏ ॥ ਵਰੁ ਪਾਇਆ ਪੁਰਖੁ ਅਗੰਮੁ ਅਗੋਚਰੁ ਸਦ ਨਵਤਨੁ ਬਾਲ ਸਖਾਈ ॥ ਨਾਨਕ ਕਿਰਪਾ ਕਰਿ ਕੈ ਮੇਲੇ ਵਿਛੁੜਿ ਕਦੇ ਨ ਜਾਈ ॥੪॥੧॥ {ਪੰਨਾ ੭੭੩}

ਪਦ ਅਰਥ :—ਲਗਨੁ ਗਣਾਇ—ਸਾਹਾ ਸੁਧਾ ਕੇ, ਮੁਹੂਰਤ ਕਢਾ ਕੇ । ਹਿਰਦੈ—ਹਿਰਦੇ ਵਿਚ । ਧਨ—ਜੀਵ-ਇਸਤ੍ਰੀ । ਓਮਾਹੀਆ—ਚਾਉ ਨਾਲ ਭਰ ਜਾਂਦੀ ਹੈ । ਆਣਿ—ਲਿਆ ਕੇ । ਪਤੀ—ਪੱਤ੍ਰੀ । ਬਹਿ—ਬੈਠ ਕੇ । ਵਾਚਾਈਆ—ਪੜ੍ਹਾਈ, ਸੋਧੀ, ਮੁਹੂਰਤ ਸੋਧਿਆ । ਮਨਿ—ਮਨ ਵਿਚ । ਵਜੀ ਵਧਾਈ—ਖ਼ੁਸ਼ੀ ਪੈਦਾ ਹੋਈ । ਘਰਿ—ਘਰ ਵਿਚ, ਹਿਰਦੇ-ਘਰ ਵਿਚ । ਮਤਾ ਪਕਾਇਆ—ਸਲਾਹ ਕੀਤੀ । ਫੇਰੇ—ਲਾਵਾਂ । ਤਤੁ—ਤੁਰਤ । ਅਗੰਮੁ—ਅਪਹੁੰਚ । ਅਗੋਚਰੁ—ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਾਹ ਹੋ ਸਕੇ {ਅ-ਗੋ-ਚਰੁ । ਗੋ—ਗਿਆਨ-ਇੰਦ੍ਰੇ} । ਸਦ—ਸਦਾ । ਨਵਤਨੁ—ਨਵਾਂ । ਬਾਲ ਸਖਾਈ—ਬਚਪਨ ਤੋਂ ਹੀ ਮਿੱਤਰ ।੪।

ਅਰਥ :—(ਜਿਵੇਂ ਜਦੋਂ ਲਾੜਾ) ਮੁਹੂਰਤ ਕਢਾ ਕੇ (ਜੰਞ ਲੈ ਕੇ) ਆਉਂਦਾ ਹੈ (ਤਾਂ,) ਇਸਤ੍ਰੀ ਆਪਣੇ ਹਿਰਦੇ ਵਿਚ ਖ਼ੁਸ਼ ਹੁੰਦੀ ਹੈ, ਪਾਂਧੇ ਪੰਡਿਤ ਪੱਤ੍ਰੀ ਲਿਆ ਕੇ ਬੈਠ ਕੇ (ਫੇਰੇ ਦੇਣ ਦਾ ਵੇਲਾ) ਵਿਚਾਰਦੇ ਹਨ । (ਪਾਂਧੇ ਪੰਡਿਤ) ਪੱਤ੍ਰੀ ਵਿਚਾਰਦੇ ਹਨ (ਉਧਰ) ਜਦੋਂ (ਵਿਆਹ ਵਾਲੀ ਕੰਨਿਆ) ਸੱਜਣ ਘਰ ਵਿਚ ਆਏ ਸੁਣਦੀ ਹੈ, ਤਾਂ ਉਸ ਦੇ ਮਨ ਵਿਚ ਖ਼ੁਸ਼ੀ ਦੀ ਲਹਿਰ ਚੱਲ ਪੈਂਦੀ ਹੈ, ਗੁਣਵਾਨ ਬੈਠ ਕੇ ਫ਼ੈਸਲਾ ਕਰਦੇ ਹਨ, ਤੇ, ਤੁਰਤ ਫੇਰੇ ਦੇ ਦੇਂਦੇ ਹਨ (ਤਿਵੇਂ, ਗੁਰੂ ਦੀ ਕਿਰਪਾ ਨਾਲ ਪ੍ਰਭੂ ਜੀਵ-ਇਸਤ੍ਰੀ ਦੇ ਅੰਦਰ ਪਰਗਟ ਹੁੰਦਾ ਹੈ, ਜੀਵ-ਇਸਤ੍ਰੀ ਦੇ ਹਿਰਦੇ ਵਿਚ ਆਤਮਕ ਆਨੰਦ ਦੀ ਲਹਿਰ ਚੱਲ ਪੈਂਦੀ ਹੈ । ਗੁਰਮੁਖ ਬਾਣੀ ਦੇ ਰਸੀਏ ਸਾਧ ਸੰਗਤਿ ਵਿਚ ਮਿਲ ਕੇ ਗੁਰੂ ਦੀ ਬਾਣੀ ਪੜ੍ਹਦੇ ਵਿਚਾਰਦੇ ਹਨ । ਜਿਉਂ ਜਿਉਂ ਗੁਰਬਾਣੀ ਵਿਚਾਰਦੇ ਹਨ, ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਸੱਜਣ-ਪ੍ਰਭੂ ਦਾ ਪਰਕਾਸ਼ ਹੁੰਦਾ ਹੈ, ਉਸ ਦੇ ਮਨ ਵਿਚ ਆਨੰਦ ਦੇ, ਮਾਨੋ, ਵਾਜੇ ਵੱਜਦੇ ਹਨ । ਗੁਰਮੁਖ ਸਤਸੰਗੀ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਕਰਾ ਦੇਂਦੇ ਹਨ) ।

ਹੇ ਨਾਨਕ! ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਮਿਲ ਪੈਂਦਾ ਹੈ ਜੋ (ਸਾਧਾਰਨ ਉੱਦਮ ਨਾਲ) ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜੋ ਸਦਾ ਨਵੇਂ ਪਿਆਰ ਵਾਲਾ ਹੈ, ਜੋ ਬਚਪਨ ਤੋਂ ਹੀ ਮਿੱਤਰ ਚਲਾ ਆਉਂਦਾ ਹੈ । ਜਿਸ ਜੀਵ-ਇਸਤ੍ਰੀ ਨੂੰ ਉਹ ਪ੍ਰਭੂ ਕਿਰਪਾ ਕਰ ਕੇ ਆਪਣੇ ਨਾਲ ਮਿਲਾਂਦਾ ਹੈ, ਉਹ ਮੁੜ ਕਦੇ ਉਸ ਤੋਂ ਨਹੀਂ ਵਿਛੁੜਦੀ ।੪।੧।

ਸੂਹੀ ਮਹਲਾ ੪ ॥ ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ ॥ ਬਾਣੀ, ਬ੍ਰਹਮਾ ਵੇਦੁ, ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ ॥ ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ ॥ ਸਤਿਗੁਰੁ ਗੁਰੁ ਪੂਰਾ ਆਰਾਧਹੁ ਸਭਿ ਕਿਲਵਿਖ ਪਾਪ ਗਵਾਇਆ ॥ ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ ਲਾਇਆ ॥ ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ ॥੧॥ {ਪੰਨਾ ੭੭੩}

ਪਦ ਅਰਥ :—ਹਰਿ ਪਹਿਲੜੀ ਲਾਵ—ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਇਹ ਪਹਿਲੀ ਸੋਹਣੀ ਲਾਵ ਹੈ । ਪਰਵਿਰਤੀ ਕਰਮ—ਪਰਮਾਤਮਾ ਦਾ ਨਾਮ ਜਪਣ ਦੇ ਆਹਰ ਵਿਚ ਰੁੱਝਣ ਦਾ ਕੰਮ । ਦ੍ਰਿੜਾਇਆ—(ਗੁਰੂ ਨੇ) ਨਿਸ਼ਚੇ ਕਰਾਇਆ ਹੈ । ਬਾਣੀ—ਗੁਰੂ ਦੀ ਬਾਣੀ । ਦ੍ਰਿੜਹੁ—ਹਿਰਦੇ ਵਿਚ ਪੱਕਾ ਕਰੋ । ਤਜਾਇਆ—ਤਜੇ ਜਾਂਦੇ ਹਨ । ਸਿਮ੍ਰਿਤਿ ਨਾਮੁ ਦ੍ਰਿੜਾਇਆ—ਗੁਰੂ ਨੇ ਜੋ ਹਰਿ-ਨਾਮ-ਸਿਮਰਨ ਦੀ ਤਾਕੀਦ ਕੀਤੀ ਹੈ—ਇਹੀ ਸਿੱਖ ਵਾਸਤੇ ਸਿਮ੍ਰਿਤਿ (ਦਾ ਉਪਦੇਸ਼) ਹੈ । ਸਭਿ—ਸਾਰੇ । ਕਿਲਵਿਖ—ਪਾਪ । ਸਹਜ ਅਨੰਦੁ—ਆਤਮਕ ਅਡੋਲਤਾ ਦਾ ਸੁਖ । ਮਨਿ—ਮਨ ਵਿਚ । ਆਰੰਭੁ—ਮੁੱਢ । ਕਾਜੁ—ਵਿਆਹ ।੧।

ਅਰਥ :—ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ । (ਤੇਰੀ ਮਿਹਰ ਨਾਲ ਗੁਰੂ ਨੇ ਸਿੱਖ ਨੂੰ) ਹਰਿ-ਨਾਮ ਜਪਣ ਦੇ ਆਹਰ ਵਿਚ ਰੁੱਝਣ ਦਾ ਕੰਮ ਨਿਸ਼ਚੇ ਕਰਾਇਆ ਹੈ (ਤਾਕੀਦ ਕੀਤੀ ਹੈ) । ਇਹੀ ਹੈ ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਪਹਿਲੀ ਸੋਹਣੀ ਲਾਂਵ । ਹੇ ਭਾਈ! ਗੁਰੂ ਦੀ ਬਾਣੀ ਹੀ

(ਸਿੱਖ ਵਾਸਤੇ) ਬ੍ਰਹਮਾ ਦਾ ਵੇਦ ਹੈ । ਇਸ ਬਾਣੀ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਸਿਮਰਨ ਦਾ) ਧਰਮ (ਆਪਣੇ ਹਿਰਦੇ ਵਿਚ) ਪੱਕਾ ਕਰੋ (ਨਾਮ ਸਿਮਰਿਆਂ ਸਾਰੇ) ਪਾਪ ਦੂਰ ਹੋ ਜਾਂਦੇ ਹਨ । ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦੇ ਰਹੋ, (ਮਨੁੱਖਾ ਜੀਵਨ ਦਾ ਇਹ) ਧਰਮ (ਆਪਣੇ ਅੰਦਰ) ਪੱਕਾ ਕਰ ਲਵੋ । ਗੁਰੂ ਨੇ ਜੋ ਨਾਮ ਸਿਮਰਨ ਦੀ ਤਾਕੀਦ ਕੀਤੀ ਹੈ, ਇਹੀ ਸਿੱਖ ਵਾਸਤੇ ਸਿਮ੍ਰਿਤਿ (ਦਾ ਉਪਦੇਸ਼) ਹੈ । ਹੇ ਭਾਈ! ਪੂਰੇ ਗੁਰੂ (ਦੇ ਇਸ ਉਪਦੇਸ਼ ਨੂੰ) ਹਰ ਵੇਲੇ ਚੇਤੇ ਰੱਖੋ, ਸਾਰੇ ਪਾਪ ਵਿਕਾਰ (ਇਸ ਦੀ ਬਰਕਤਿ ਨਾਲ) ਦੂਰ ਹੋ ਜਾਂਦੇ ਹਨ ।

ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸ ਵੱਡੇ ਭਾਗਾਂ ਵਾਲੇ ਨੂੰ ਆਤਮਕ ਅਡੋਲਤਾ ਦਾ ਸੁਖ ਮਿਲਿਆ ਰਹਿੰਦਾ ਹੈ । ਦਾਸ ਨਾਨਕ ਆਖਦਾ ਹੈ—ਪਰਮਾਤਮਾ ਦਾ ਨਾਮ ਜਪਣਾ ਹੀ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ ਪਹਿਲੀ ਲਾਂਵ ਹੈ । ਹਰਿ-ਨਾਮ ਸਿਮਰਨ ਤੋਂ ਹੀ (ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ) ਵਿਆਹ (ਦਾ) ਮੁੱਢ ਬੱਝਦਾ ਹੈ ।੧।

ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ ਮਿਲਾਇਆ ਬਲਿ ਰਾਮ ਜੀਉ ॥ ਨਿਰਭਉ ਭੈ ਮਨੁ ਹੋਇ ਹਉਮੈ ਮੈਲੁ ਗਵਾਇਆ ਬਲਿ ਰਾਮ ਜੀਉ ॥ ਨਿਰਮਲੁ ਭਉ ਪਾਇਆ ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ ॥ ਹਰਿ ਆਤਮ ਰਾਮੁ ਪਸਾਰਿਆ ਸੁਆਮੀ ਸਰਬ ਰਹਿਆ ਭਰਪੂਰੇ ॥ ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਮਿਲਿ ਹਰਿ ਜਨ ਮੰਗਲ ਗਾਏ ॥ ਜਨ ਨਾਨਕ ਦੂਜੀ ਲਾਵ ਚਲਾਈ ਅਨਹਦ ਸਬਦ ਵਜਾਏ ॥੨॥ {ਪੰਨਾ ੭੭੪}

ਪਦ ਅਰਥ :—ਹਰਿ ਦੂਜੜੀ ਲਾਵ—ਪ੍ਰਭੂ-ਪਤੀ (ਜੀਵ-ਇਸਤ੍ਰੀ ਦੇ ਵਿਆਹ ਦੀ) ਦੂਜੀ ਸੋਹਣੀ ਲਾਂਵ । ਸਤਿਗੁਰੁ ਪੁਰਖੁ ਮਿਲਾਇਆ—(ਪ੍ਰਭੂ ਨੇ ਜੀਵ-ਇਸਤ੍ਰੀ ਨੂੰ) ਗੁਰੂ ਮਹਾ ਪੁਰਖ ਮਿਲਾ ਦਿੱਤਾ । ਬਲਿ ਰਾਮ ਜੀਉ—ਹੇ ਰਾਮ ਜੀ! ਤੈਥੋਂ ਸਦਕੇ ਹਾਂ । ਭੈ—(ਦੁਨੀਆ ਦੇ) ਸਾਰੇ ਡਰਾਂ ਤੋਂ । ਨਿਰਭਉ—ਨਿਡਰ । ਹੋਇ—ਹੋ ਜਾਂਦਾ ਹੈ । ਗਵਾਇਆ—(ਗੁਰੂ) ਦੂਰ ਕਰ ਦੇਂਦਾ ਹੈ । ਭਉ—ਡਰ । ਨਿਰਮਲੁ ਭਉ—ਪਵਿੱਤਰ ਡਰ, ਅਦਬ-ਸਤਕਾਰ । ਵੇਖੈ—ਵੇਖਦੀ ਹੈ । ਹਦੂਰੇ—ਹਾਜ਼ਰ-ਨਾਜ਼ਰ, ਅੰਗ-ਸੰਗ । ਆਤਮ ਰਾਮੁ ਪਸਾਰਿਆ—ਪ੍ਰਭੂ ਆਪਣੇ ਆਪੇ ਦਾ ਪਸਾਰਾ ਪਸਾਰ ਰਿਹਾ ਹੈ! ਸਰਬ—ਸਭ ਜੀਵਾਂ ਵਿਚ । ਭਰਪੂਰੇ—ਵਿਆਪਕ । ਏਕੋ—ਇੱਕ ਹੀ । ਮਿਲਿ ਹਰਿ ਜਨ—ਸੰਤ ਜਨਾਂ ਨਾਲ ਮਿਲ ਕੇ, ਸਾਧ ਸੰਗਤਿ ਵਿਚ ਮਿਲ ਕੇ । ਮੰਗਲ—ਸਿਫ਼ਤਿ-ਸਾਲਾਹ ਦੇ ਗੀਤ । ਚਲਾਈ—ਤੋਰ ਦਿੱਤੀ । ਅਨਹਦ—ਇਕ-ਰਸ, ਬਿਨਾ ਵਜਾਇਆਂ । ਸਬਦ ਵਜਾਏ—ਸਿਫ਼ਤਿ-ਸਾਲਾਹ ਦੀ ਬਾਣੀ ਦੇ ਮਾਨੋ, ਵਾਜੇ ਵਜਾ ਦੇਂਦਾ ਹੈ ।੨।

ਅਰਥ :—ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ । (ਤੂੰ ਮਿਹਰ ਕਰ ਕੇ ਜਿਸ ਜੀਵ-ਇਸਤ੍ਰੀ ਨੂੰ) ਗੁਰੂ ਮਹਾ ਪੁਰਖ ਮਿਲਾ ਦੇਂਦਾ ਹੈਂ (ਉਸ ਦਾ) ਮਨ (ਦੁਨੀਆ ਦੇ) ਸਾਰੇ ਡਰਾਂ ਵਲੋਂ ਨਿਡਰ ਹੋ ਜਾਂਦਾ ਹੈ, (ਗੁਰੂ ਉਸ ਦੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਦੇਂਦਾ ਹੈ—ਇਹੀ ਹੈ ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਦੂਜੀ ਸੋਹਣੀ ਲਾਂਵ ।

ਹੇ ਭਾਈ! (ਜੇਹੜੀ ਜੀਵ-ਇਸਤ੍ਰੀ ਹਉਮੈ ਦੂਰ ਕਰ ਕੇ) ਪਰਮਾਤਮਾ ਦੇ ਗੁਣ ਗਾਂਦੀ ਹੈ, ਉਸ ਦੇ ਅੰਦਰ (ਪ੍ਰਭੂ-ਪਤੀ ਵਾਸਤੇ) ਆਦਰ-ਸਤਕਾਰ ਪੈਦਾ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਦੀ ਹੈ । (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ ਇਹ ਜਗਤ-ਖਿਲਾਰਾ) ਪ੍ਰਭੂ ਆਪਣੇ ਆਪੇ ਦਾ ਪਸਾਰਾ ਪਸਾਰ ਰਿਹਾ ਹੈ, ਅਤੇ ਉਹ ਮਾਲਕ-ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੋ ਰਿਹਾ ਹੈ । (ਉਸ ਜੀਵ-ਇਸਤ੍ਰੀ ਨੂੰ ਆਪਣੇ) ਅੰਦਰ ਅਤੇ ਬਾਹਰ (ਸਾਰੇ ਜਗਤ ਵਿਚ) ਸਿਰਫ਼ ਪਰਮਾਤਮਾ ਹੀ (ਵੱਸਦਾ ਦਿੱਸਦਾ ਹੈ), ਸਾਧ ਸੰਗਤਿ ਵਿਚ ਮਿਲ ਕੇ ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੀ ਰਹਿੰਦੀ ਹੈ ।

ਹੇ ਦਾਸ ਨਾਨਕ! (ਆਖ—ਗੁਰੂ ਦੀ ਸਰਨ ਪੈ ਕੇ, ਹਉਮੈ ਦੂਰ ਕਰਕੇ ਪ੍ਰਭੂ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਅਤੇ ਉਸ ਨੂੰ ਸਰਬ-ਵਿਆਪਕ ਵੇਖਣਾ—ਪ੍ਰਭੂ ਨੇ ਇਹ) ਦੂਜੀ ਲਾਂਵ (ਜੀਵ-ਇਸਤ੍ਰੀ ਦੇ ਵਿਆਹ ਦੀ) ਤੋਰ ਦਿੱਤੀ ਹੈ, (ਇਸ ਆਤਮਕ ਅਵਸਥਾ ਤੇ ਪਹੁੰਚੀ ਜੀਵ-ਇਸਤ੍ਰੀ ਦੇ ਅੰਦਰ ਪ੍ਰਭੂ) ਸਿਫ਼ਤਿ-ਸਾਲਾਹ ਦੀ ਬਾਣੀ ਦੇ, ਮਾਨੋ, ਇਕ-ਰਸ ਵਾਜੇ ਵਜਾ ਦੇਂਦਾ ਹੈ ।੨।

ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ ॥ ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ ॥ ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ ॥ ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ ॥ ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ ਭਾਗੁ ਜੀਉ ॥ ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ ॥੩॥ {ਪੰਨਾ ੭੭੪}

ਪਦ ਅਰਥ :—ਤੀਜੜੀ ਲਾਵ—ਤੀਜੀ ਸੋਹਣੀ ਲਾਂਵ । ਹਰਿ ਤੀਜੜੀ ਲਾਵ—ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਤੀਜੀ ਸੋਹਣੀ ਲਾਂਵ । ਮਨਿ—ਮਨ ਵਿਚ । ਬੈਰਾਗੀਆ ਮਨਿ—ਵੈਰਾਗਵਾਨਾਂ ਦੇ ਮਨ ਵਿਚ । ਚਾਉ—(ਪ੍ਰਭੂ-ਮਿਲਾਪ ਲਈ) ਉਤਸ਼ਾਹ । ਮੇਲੁ—ਮਿਲਾਪ । ਵਡਭਾਗੀਆ—ਵੱਡੇ ਭਾਗਾਂ ਵਾਲੇ ਮਨੁੱਖ । ਮੁਖਿ—ਮੂੰਹ ਤੋਂ । ਬੋਲੀ—ਉਚਾਰੀ । ਹਰਿ ਬਾਣੀ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਕਥੀਐ—ਕਥਨ ਕਰਨੀ ਚਾਹੀਦੀ ਹੈ । ਅਕਥ—ਅਕੱਥ, ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਅਕਥ ਕਹਾਣੀ—ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ । ਹਿਰਦੈ—ਹਿਰਦੇ ਵਿਚ । ਧੁਨਿ—ਰੌ, ਲਗਨ । ਜਪੀਐ—ਜਪਿਆ ਜਾ ਸਕਦਾ ਹੈ । ਮਸਤਕਿ—ਮੱਥੇ ਉੱਤੇ । ਭਾਗੁ—ਚੰਗੀ ਕਿਸਮਤ । ਨਾਨਕੁ ਬੋਲੇ—ਨਾਨਕ ਬੋਲਦਾ ਹੈ । ਤੀਜੀ ਲਾਵੈ—ਤੀਜੀ ਲਾਂਵ ਦੀ ਰਾਹੀਂ, ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ ਤੀਜੀ ਲਾਂਵ ਸਮੇ । ਮਨਿ—(ਜੀਵ-ਇਸਤ੍ਰੀ ਦੇ) ਮਨ ਵਿਚ । ਹਰਿ ਬੈਰਾਗੁ—ਪ੍ਰਭੂ (-ਮਿਲਾਪ ਦੀ) ਤੀਬਰ ਤਾਂਘ । ਉਪਜੈ—ਪੈਦਾ ਹੋ ਜਾਂਦੀ ਹੈ ।੩।

ਅਰਥ :—ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ । (ਤੇਰੀ ਮਿਹਰ ਨਾਲ) ਵੈਰਾਗਵਾਨਾਂ ਦੇ ਮਨ ਵਿਚ (ਤੇਰੇ ਮਿਲਾਪ ਲਈ) ਤਾਂਘ ਪੈਦਾ ਹੁੰਦੀ ਹੈ, (ਇਹ ਆਤਮਕ ਅਵਸਥਾ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ) ਤੀਜੀ ਸੋਹਣੀ ਲਾਂਵ ਹੈ ।

ਹੇ ਭਾਈ! ਜਿਨ੍ਹਾਂ ਵੱਡੇ ਭਾਗਾਂ ਵਾਲੇ ਮਨੁੱਖਾਂ ਨੂੰ ਸੰਤ ਜਨਾਂ ਦਾ ਮਿਲਾਪ ਹਾਸਲ ਹੁੰਦਾ ਹੈ, ਉਹਨਾਂ ਨੂੰ ਪਰਮਾਤਮਾ ਦਾ ਮੇਲ ਪ੍ਰਾਪਤ ਹੁੰਦਾ ਹੈ, (ਉਹ ਮਨੁੱਖ ਜੀਵਨ ਨੂੰ) ਪਵਿੱਤਰ ਕਰਨ ਵਾਲੇ ਪ੍ਰਭੂ ਦਾ ਮਿਲਾਪ ਪ੍ਰਾਪਤ ਕਰਦੇ ਹਨ, ਸਦਾ ਪ੍ਰਭੂ ਦੇ ਗੁਣ ਗਾਂਦੇ ਹਨ, ਅਤੇ ਮੂੰਹ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ

ਦੀ ਬਾਣੀ ਉਚਾਰਦੇ ਹਨ, ਉਹ ਵਡ-ਭਾਗੀ ਮਨੁੱਖ ਸੰਤ ਜਨਾਂ ਦੀ ਸੰਗਤਿ ਵਿਚ ਪ੍ਰਭੂ-ਮਿਲਾਪ ਪ੍ਰਾਪਤ ਕਰਦੇ ਹਨ ।

ਹੇ ਭਾਈ! ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਸਦਾ ਕਰਦੇ ਰਹਿਣਾ ਚਾਹੀਦਾ ਹੈ, (ਜਿਹੜਾ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਉਸ ਦੇ) ਹਿਰਦੇ ਵਿਚ ਸਦਾ ਟਿਕੀ ਰਹਿਣ ਵਾਲੀ ਪ੍ਰਭੂ-ਪ੍ਰੇਮ ਦੀ ਰੌ ਚੱਲ ਪੈਂਦੀ ਹੈ । ਪਰ, ਹੇ ਭਾਈ! ਪਰਮਾਤਮਾ ਦਾ ਨਾਮ (ਤਦੋਂ ਹੀ) ਜਪਿਆ ਜਾ ਸਕਦਾ ਹੈ, ਜੇ ਮੱਥੇ ਉੱਤੇ ਚੰਗਾ ਭਾਗ ਜਾਗ ਪਏ ।

ਹੇ ਭਾਈ! ਦਾਸ ਨਾਨਕ ਆਖਦਾ ਹੈ (ਕਿ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ) ਤੀਜੀ ਲਾਂਵ ਸਮੇ (ਜੀਵ-ਇਸਤ੍ਰੀ ਦੇ) ਮਨ ਵਿਚ ਪ੍ਰਭੂ (-ਮਿਲਾਪ ਦੀ) ਤੀਬਰ ਤਾਂਘ ਪੈਦਾ ਹੋ ਜਾਂਦੀ ਹੈ ।੩।

ਹਰਿ ਚਉਥੜੀ ਲਾਵ ਮਨਿ ਸਹਜੁ ਭਇਆ ਹਰਿ ਪਾਇਆ ਬਲਿ ਰਾਮ ਜੀਉ ॥ ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ ਤਨਿ ਮੀਠਾ ਲਾਇਆ ਬਲਿ ਰਾਮ ਜੀਉ ॥ ਹਰਿ ਮੀਠਾ ਲਾਇਆ ਮੇਰੇ ਪ੍ਰਭ ਭਾਇਆ ਅਨਦਿਨੁ ਹਰਿ ਲਿਵ ਲਾਈ ॥ ਮਨ ਚਿੰਦਿਆ ਫਲੁ ਪਾਇਆ ਸੁਆਮੀ ਹਰਿ ਨਾਮਿ ਵਜੀ ਵਾਧਾਈ ॥ ਹਰਿ ਪ੍ਰਭਿ ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ ਵਿਗਾਸੀ ॥ ਜਨੁ ਨਾਨਕੁ ਬੋਲੇ ਚਉਥੀ ਲਾਵੈ ਹਰਿ ਪਾਇਆ ਪ੍ਰਭੁ ਅਵਿਨਾਸੀ ॥੪॥੨॥ {ਪੰਨਾ ੭੭੪}

ਪਦ ਅਰਥ :—ਚਉਥੜੀ ਲਾਵ—ਚੌਥੀ ਸੋਹਣੀ ਲਾਂਵ । ਹਰਿ ਚਉਥੜੀ ਲਾਵ—ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਚੌਥੀ ਸੋਹਣੀ ਲਾਂਵ । ਮਨਿ—(ਜੀਵ-ਇਸਤ੍ਰੀ ਦੇ) ਮਨ ਵਿਚ । ਸਹਜੁ—ਆਤਮਕ ਅਡੋਲਤਾ । ਗੁਰਮੁਖਿ—ਗੁਰੂ ਵਲ ਮੂੰਹ ਕਰ ਕੇ, ਗੁਰੂ ਦੇ ਸਨਮੁਖ ਰਹਿ ਕੇ । ਸੁਭਾਇ—(ਪ੍ਰਭੂ ਦੇ) ਪਿਆਰ ਵਿਚ (ਟਿਕ ਕੇ) । ਮਨਿ—ਮਨ ਵਿਚ । ਤਨਿ—ਤਨ ਵਿਚ । ਪ੍ਰਭ ਭਾਇਆ—ਪ੍ਰਭੂ ਨੂੰ ਪਿਆਰਾ ਲੱਗਾ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਲਿਵ ਲਾਈ—ਸੁਰਤਿ ਜੋੜੀ ਰੱਖੀ । ਮਨ ਚਿੰਦਿਆ—ਮਨ-ਇੱਛਤ ।

ਨਾਮਿ—ਨਾਮ ਦੀ ਰਾਹੀਂ । ਵਜੀ ਵਾਧਾਈ—ਚੜ੍ਹਦੀ ਕਲਾ ਬਣ ਗਈ । ਪ੍ਰਭਿ—ਪ੍ਰਭੂ ਨੇ । ਠਾਕੁਰਿ—ਠਾਕੁਰ ਨੇ । ਕਾਜੁ—(ਜੀਵ-ਇਸਤ੍ਰੀ ਦੇ) ਵਿਆਹ ਦਾ ਉੱਦਮ । ਰਚਾਇਆ—ਅਰੰਭ ਦਿੱਤਾ । ਧਨ—ਜੀਵ-ਇਸਤ੍ਰੀ । ਹਿਰਦੈ—ਹਿਰਦੇ ਵਿਚ । ਨਾਮਿ—ਨਾਮ ਦੀ ਬਰਕਤਿ ਨਾਲ । ਵਿਗਾਸੀ—ਖਿੜ ਪਈ, ਆਨੰਦ-ਭਰਪੂਰ ਹੋ ਗਈ । ਚਉਥੀ ਲਾਵੈ—ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ ਚੌਥੀ ਲਾਂਵ ਸਮੇ । ਅਵਿਨਾਸੀ—ਕਦੇ ਨਾਸ ਨਾਹ ਹੋਣ ਵਾਲਾ ।੪।

ਅਰਥ :—ਹੇ ਸੋਹਣੇ ਰਾਮ! ਮੈਂ ਤੈਥੋਂ ਸਦਕੇ ਹਾਂ । (ਤੇਰੀ ਮੇਹਰ ਨਾਲ ਜਿਸ ਜੀਵ-ਇਸਤ੍ਰੀ ਦੇ) ਮਨ ਵਿਚ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਉਸ ਨੂੰ ਤੇਰਾ ਮਿਲਾਪ ਹੋ ਜਾਂਦਾ ਹੈ । (ਇਹ ਆਤਮਕ ਅਵਸਥਾ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਮਿਲਾਪ ਦੀ) ਚੌਥੀ ਸੋਹਣੀ ਲਾਂਵ ਹੈ ।

ਹੇ ਭਾਈ! ਗੁਰੂ ਦੀ ਸਰਨ ਪੈ ਕੇ (ਪ੍ਰਭੂ-) ਪ੍ਰੇਮ ਵਿਚ (ਟਿਕ ਕੇ, ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ) ਮਿਲ ਪੈਂਦਾ ਹੈ, (ਉਸ ਦੇ) ਮਨ ਵਿਚ (ਉਸ ਦੇ) ਤਨ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ ।

ਹੇ ਭਾਈ! ਜਿਸ ਜੀਵ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਪ੍ਰਭੂ ਨੂੰ ਉਹ ਜੀਵ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹ ਮਨੁੱਖ ਸਦਾ ਪ੍ਰਭੂ (ਦੀ ਯਾਦ ਵਿਚ (ਆਪਣੀ) ਸੁਰਤਿ ਜੋੜੀ ਰੱਖਦਾ ਹੈ, ਉਹ ਮਨੁੱਖ ਪ੍ਰਭੂ-ਮਿਲਾਪ ਦਾ ਮਨ-ਇੱਛਤ ਫਲ ਪ੍ਰਾਪਤ ਕਰ ਲੈਂਦਾ ਹੈ । ਪ੍ਰਭੂ ਦੇ ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰ ਸਦਾ) ਚੜ੍ਹਦੀ ਕਲਾ ਬਣੀ ਰਹਿੰਦੀ ਹੈ ।

ਹੇ ਭਾਈ! ਪ੍ਰਭੂ ਨੇ, ਮਾਲਕ-ਹਰੀ ਨੇ (ਜਿਸ ਜੀਵ-ਇਸਤ੍ਰੀ ਦੇ) ਵਿਆਹ ਦਾ ਉੱਦਮ ਸ਼ੁਰੂ ਕਰ ਦਿੱਤਾ, ਉਹ ਜੀਵ-ਇਸਤ੍ਰੀ ਨਾਮ ਸਿਮਰਨ ਦੀ ਬਰਕਤਿ ਨਾਲ (ਆਪਣੇ) ਹਿਰਦੇ ਵਿਚ ਸਦਾ ਆਨੰਦ-ਭਰਪੂਰ ਰਹਿੰਦੀ ਹੈ । ਦਾਸ ਨਾਨਕ ਆਖਦਾ ਹੈ—ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ ਚੌਥੀ ਲਾਂਵ ਸਮੇ ਜੀਵ-ਇਸਤ੍ਰੀ ਕਦੇ ਨਾਸ ਨਾਹ ਹੋਣ ਵਾਲੇ ਪ੍ਰਭੂ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ ।੪।੨।

ੴ ਸਤਿਗੁਰ ਪ੍ਰਸਾਦਿ ॥ ਰਾਗੁ ਸੂਹੀ ਛੰਤ ਮਹਲਾ ੪ ਘਰੁ ੨ ॥ ਗੁਰਮੁਖਿ ਹਰਿ ਗੁਣ ਗਾਏ ॥ ਹਿਰਦੈ ਰਸਨ ਰਸਾਏ ॥ ਹਰਿ ਰਸਨ ਰਸਾਏ ਮੇਰੇ ਪ੍ਰਭ ਭਾਏ ਮਿਲਿਆ ਸਹਜਿ ਸੁਭਾਏ ॥ ਅਨਦਿਨੁ ਭੋਗ ਭੋਗੇ ਸੁਖਿ ਸੋਵੈ ਸਬਦਿ ਰਹੈ ਲਿਵ ਲਾਏ ॥ ਵਡੈ ਭਾਗਿ ਗੁਰੁ ਪੂਰਾ ਪਾਈਐ ਅਨਦਿਨੁ ਨਾਮੁ ਧਿਆਏ ॥ ਸਹਜੇ ਸਹਜਿ ਮਿਲਿਆ ਜਗ ਜੀਵਨੁ ਨਾਨਕ ਸੁੰਨਿ ਸਮਾਏ ॥੧॥ {ਪੰਨਾ ੭੭੪}

ਪਦ ਅਰਥ :—ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਗਾਏ—ਗਾਂਦਾ ਰਹਿੰਦਾ ਹੈ । ਹਿਰਦੈ—ਹਿਰਦੇ ਵਿਚ (ਵਸਾਂਦਾ ਹੈ) । ਰਸਨ—ਜੀਭ ਨਾਲ । ਰਸਾਏ—ਰਸ ਮਾਣਦਾ ਹੈ । ਪ੍ਰਭ ਭਾਏ—(ਉਹ ਮਨੁੱਖ) ਪ੍ਰਭੂ ਨੂੰ ਪਿਆਰਾ ਲੱਗਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪਿਆਰ ਨਾਲ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਸੁਖਿ—ਸੁਖ ਵਿਚ । ਸੋਵੈ—ਲੀਨ ਰਹਿੰਦਾ ਹੈ । ਸਬਦਿ—ਸ਼ਬਦ ਦੀ ਰਾਹੀਂ । ਲਿਵ ਲਾਏ ਰਹੈ—ਸੁਰਤਿ ਜੋੜੀ ਰੱਖਦਾ ਹੈ । ਭਾਗਿ—ਕਿਸਮਤ ਨਾਲ । ਪਾਈਐ—ਮਿਲਦਾ ਹੈ । ਧਿਆਏ—ਸਿਮਰਦਾ ਰਹਿੰਦਾ ਹੈ । ਸਹਜੇ ਸਹਜਿ—ਹਰ ਵੇਲੇ ਆਤਮਕ ਅਡੋਲਤਾ ਵਿਚ । ਜਗ ਜੀਵਨੁ—ਜਗਤ ਦਾ ਜੀਵਨ ਪ੍ਰਭੂ । ਸੁੰਨਿ—ਸੁੰਨ ਵਿਚ, ਉਸ ਅਵਸਥਾ ਵਿਚ ਜਿੱਥੇ ਮਾਇਆ ਦੇ ਫੁਰਨਿਆਂ ਵਲੋਂ ਸੁੰਞ ਹੈ ।੧।

ਅਰਥ :—ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ (ਪਰਮਾਤਮਾ ਦੇ ਗੁਣ ਆਪਣੇ) ਹਿਰਦੇ ਵਿਚ (ਵਸਾਈ ਰਖਦਾ ਹੈ, ਆਪਣੀ) ਜੀਭ ਨਾਲ (ਗੁਣਾਂ ਦਾ) ਰਸ ਮਾਣਦਾ ਹੈ, (ਜਿਹੜਾ ਮਨੁੱਖ) ਹਰੀ (ਦੇ ਗੁਣਾਂ ਦਾ) ਰਸ (ਆਪਣੀ) ਜੀਭ ਨਾਲ ਮਾਣਦਾ ਰਹਿੰਦਾ ਹੈ, ਉਹ ਮਨੁੱਖ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਆਤਮਕ ਅਡੋਲਤਾ ਵਿਚ ਪ੍ਰੇਮ ਵਿਚ (ਉਸ ਟਿਕੇ ਹੋਏ ਨੂੰ) ਪਰਮਾਤਮਾ ਮਿਲ ਪੈਂਦਾ ਹੈ । ਉਹ ਮਨੁੱਖ ਹਰ ਵੇਲੇ (ਸਿਫ਼ਤਿ-ਸਾਲਾਹ ਦਾ) ਅਨੰਦ ਮਾਣਦਾ ਹੈ, ਆਨੰਦ ਵਿਚ ਲੀਨ ਰਹਿੰਦਾ ਹੈ, (ਗੁਰੂ ਦੇ) ਸ਼ਬਦ ਦੀ ਰਾਹੀਂ (ਉਹ ਮਨੁੱਖ ਪ੍ਰਭੂ ਵਿਚ) ਸੁਰਤਿ ਜੋੜੀ ਰੱਖਦਾ ਹੈ ।

ਪਰ, ਹੇ ਭਾਈ! ਪੂਰਾ ਗੁਰੂ ਮਿਲਦਾ ਹੈ ਵੱਡੀ ਕਿਸਮਤ ਨਾਲ, (ਜਿਸ ਨੂੰ ਮਿਲਦਾ ਹੈ, ਉਹ) ਹਰ ਵੇਲੇ ਹਰਿ-ਨਾਮ ਸਿਮਰਦਾ ਰਹਿੰਦਾ ਹੈ । ਹੇ ਨਾਨਕ! ਉਹ

ਮਨੁੱਖ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਜਗਤ ਦਾ ਸਹਾਰਾ ਪ੍ਰਭੂ ਉਸ ਨੂੰ ਮਿਲ ਪੈਂਦਾ ਹੈ, ਉਹ ਮਨੁੱਖ ਉਸ ਅਵਸਥਾ ਵਿਚ ਲੀਨ ਰਹਿੰਦਾ ਹੈ ਜਿੱਥੇ ਮਾਇਆ ਦਾ ਕੋਈ ਫੁਰਨਾ ਪੋਹ ਨਹੀਂ ਸਕਦਾ ।

ਸੰਗਤਿ ਸੰਤ ਮਿਲਾਏ ॥ ਹਰਿ ਸਰਿ ਨਿਰਮਲਿ ਨਾਏ ॥ ਨਿਰਮਲਿ ਜਲਿ ਨਾਏ ਮੈਲੁ ਗਵਾਏ ਭਏ ਪਵਿਤੁ ਸਰੀਰਾ ॥ ਦੁਰਮਤਿ ਮੈਲੁ ਗਈ ਭ੍ਰਮੁ ਭਾਗਾ ਹਉਮੈ ਬਿਨਠੀ ਪੀਰਾ ॥ ਨਦਰਿ ਪ੍ਰਭੂ ਸਤਸੰਗਤਿ ਪਾਈ ਨਿਜ ਘਰਿ ਹੋਆ ਵਾਸਾ ॥ ਹਰਿ ਮੰਗਲ ਰਸਿ ਰਸਨ ਰਸਾਏ ਨਾਨਕ ਨਾਮੁ ਪ੍ਰਗਾਸਾ ॥੨॥ {ਪੰਨਾ ੭੭੪}

ਪਦ ਅਰਥ :—ਸੰਗਤਿ ਸੰਤ—ਸੰਤ ਜਨਾਂ ਦੀ ਸੰਗਤਿ ਵਿਚ । ਸਰਿ—ਸਰੋਵਰ ਵਿਚ । ਸਰਿ ਨਿਰਮਲ—ਪਵਿੱਤਰ ਸਰੋਵਰ ਵਿਚ । ਨਾਏ—ਇਸ਼ਨਾਨ ਕਰਦਾ ਹੈ । ਨਿਰਮਲਿ ਜਲਿ—ਪਵਿੱਤਰ (ਨਾਮ-) ਜਲ ਵਿਚ । ਦੁਰਮਤਿ—ਖੋਟੀ ਮਤਿ । ਭ੍ਰਮੁ—ਭਟਕਣਾ । ਬਿਨਠੀ—ਨਾਸ ਹੋ ਜਾਂਦੀ ਹੈ । ਪੀਰਾ—ਪੀੜ । ਨਦਰਿ—ਮਿਹਰ ਦੀ ਨਿਗਾਹ ਨਾਲ । ਨਿਜ ਘਰਿ—ਆਪਣੇ (ਅਸਲ) ਘਰ ਵਿਚ, ਪ੍ਰਭੂ-ਚਰਨਾਂ ਵਿਚ । ਹੋਆ—ਹੋ ਜਾਂਦਾ ਹੈ । ਮੰਗਲ—ਸਿਫ਼ਤਿ-ਸਾਲਾਹ ਦੇ ਗੀਤ । ਰਸਿ—ਸੁਆਦ ਨਾਲ । ਰਸਨ ਰਸਾਏ—ਜੀਭ ਨਾਲ (ਗੁਣਾਂ ਦਾ) ਰਸ ਮਾਣਦਾ ਹੈ । ਪ੍ਰਗਾਸਾ—(ਆਤਮਕ ਜੀਵਨ ਦਾ) ਚਾਨਣ ਕਰਦਾ ਹੈ ।੨।

ਅਰਥ :—ਹੇ ਭਾਈ! ਜਿਹੜਾ ਮਨੁੱਖ ਸੰਤ ਜਨਾਂ ਦੀ ਸੰਗਤਿ ਵਿਚ ਮਿਲਦਾ ਹੈ, ਉਹ ਪਰਮਾਤਮਾ ਦੇ ਪਵਿੱਤਰ ਨਾਮ-ਸਰੋਵਰ ਵਿਚ ਇਸ਼ਨਾਨ ਕਰਦਾ ਹੈ । ਉਹ ਮਨੁੱਖ ਪ੍ਰਭੂ ਦੇ ਪਵਿੱਤਰ ਨਾਮ-ਜਲ ਵਿਚ ਇਸ਼ਨਾਨ ਕਰਦਾ ਹੈ, ਉਸ ਦਾ ਸਰੀਰ ਪਵਿੱਤਰ ਹੋ ਜਾਂਦਾ ਹੈ, (ਨਾਮ-ਜਲ ਉਸ ਦੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਕਰ ਦੇਂਦਾ ਹੈ ।

(ਨਾਮ-ਜਲ ਦੀ ਬਰਕਤਿ ਨਾਲ ਉਸ ਦੇ ਅੰਦਰੋਂ) ਖੋਟੀ ਮਤਿ ਦੀ ਮੈਲ ਧੁਪ ਜਾਂਦੀ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਹਉਮੈ ਦੀ ਪੀੜ ਨਾਸ ਹੋ ਜਾਂਦੀ ਹੈ ।

ਪਰ, ਹੇ ਭਾਈ! ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ ਹੀ ਸਾਧ ਸੰਗਤਿ ਮਿਲਦੀ ਹੈ, (ਜਿਸ ਨੂੰ ਮਿਲਦੀ ਹੈ, ਉਸ ਦਾ) ਟਿਕਾਣਾ ਪ੍ਰਭੂ-ਚਰਨਾਂ ਵਿਚ ਹੋਇਆ ਰਹਿੰਦਾ ਹੈ । ਹੇ ਨਾਨਕ! ਉਹ ਮਨੁੱਖ ਸੁਆਦ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤਾਂ ਦਾ ਰਸ ਆਪਣੀ ਜੀਭ ਨਾਲ ਮਾਣਦਾ ਹੈ, (ਉਸ ਦੇ ਅੰਦਰ ਪਰਮਾਤਮਾ ਦਾ) ਨਾਮ (ਆਤਮਕ ਜੀਵਨ ਦਾ) ਚਾਨਣ ਪੈਦਾ ਕਰ ਦੇਂਦਾ ਹੈ ।੨।

ਅੰਤਰਿ ਰਤਨੁ ਬੀਚਾਰੇ ॥ ਗੁਰਮੁਖਿ ਨਾਮੁ ਪਿਆਰੇ ॥ ਹਰਿ ਨਾਮੁ ਪਿਆਰੇ ਸਬਦਿ ਨਿਸਤਾਰੇ ਅਗਿਆਨੁ ਅਧੇਰੁ ਗਵਾਇਆ ॥ ਗਿਆਨੁ ਪ੍ਰਚੰਡੁ ਬਲਿਆ ਘਟਿ ਚਾਨਣੁ ਘਰ ਮੰਦਰ ਸੋਹਾਇਆ ॥ ਤਨੁ ਮਨੁ ਅਰਪਿ ਸੀਗਾਰ ਬਣਾਏ ਹਰਿ ਪ੍ਰਭ ਸਾਚੇ ਭਾਇਆ ॥ ਜੋ ਪ੍ਰਭੁ ਕਹੈ ਸੋਈ ਪਰੁ ਕੀਜੈ ਨਾਨਕ ਅੰਕਿ ਸਮਾਇਆ ॥੩॥ {ਪੰਨਾ ੭੭੫}

ਪਦ ਅਰਥ :—ਅੰਤਰਿ—ਹਿਰਦੇ ਵਿਚ । ਰਤਨੁ—ਨਾਮ-ਰਤਨ ਨੂੰ, ਪ੍ਰਭੂ ਦੀ ਅਮੋਲਕ ਸਿਫ਼ਤਿ-ਸਾਲਾਹ ਨੂੰ । ਬੀਚਾਰੇ—ਵਿਚਾਰਦਾ ਹੈ, ਆਤਮਕ ਮੰਡਲ ਵਿਚ ਪ੍ਰੋਈ ਰੱਖਦਾ ਹੈ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਪਿਆਰੇ—ਪਿਆਰ ਕਰਦਾ ਹੈ । ਸਬਦਿ—(ਗੁਰੂ ਆਪਣੇ) ਸ਼ਬਦ ਦੀ ਰਾਹੀਂ । ਨਿਸਤਾਰੇ—(ਗੁਰੂ ਉਸਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ । ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ । ਅਧੇਰੁ—ਹਨੇਰਾ । ਗਿਆਨੁ—ਆਤਮਕ ਜੀਵਨ ਦੀ ਸੂਝ । ਪ੍ਰਚੰਡ—ਤੇਜ਼, ਤੀਬਰ । ਬਲਿਆ—ਮਘ ਪੈਂਦਾ ਹੈ । ਘਟਿ—ਹਿਰਦੇ ਵਿਚ । ਘਰ ਮੰਦਰ—ਸਰੀਰ ਅਤੇ ਗਿਆਨ-ਇੰਦ੍ਰੇ । ਸੋਹਾਇਆ—ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । ਅਰਪਿ—ਭੇਟਾ ਕਰ ਕੇ । ਸੀਗਾਰ—ਆਤਮਕ ਜੀਵਨ ਦਾ ਸੁਹਜ । ਪ੍ਰਭ ਸਾਚੇ ਭਾਇਆ—ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਦਾ ਹੈ । ਪਰੁ ਕੀਜੈ—ਚੰਗੀ ਤਰ੍ਹਾਂ ਕਰਨਾ ਚਾਹੀਦਾ ਹੈ । ਅੰਕਿ—ਗੋਦ ਵਿਚ ।੩।

ਅਰਥ :—ਹੇ ਭਾਈ! ਜਿਹੜਾ ਮਨੁੱਖ ਆਪਣੇ ਅੰਦਰ ਪ੍ਰਭੂ ਦੀ ਅਮੋਲਕ ਸਿਫ਼ਤਿ-ਸਾਲਾਹ ਨੂੰ ਪ੍ਰੋ ਰੱਖਦਾ ਹੈ, ਗੁਰੂ ਦੇ ਸਨਮੁਖ ਰਹਿ ਕੇ ਪਰਮਾਤਮਾ ਦੇ ਨਾਮ ਨੂੰ ਪਿਆਰਦਾ ਹੈ, ਹਰਿ-ਨਾਮ ਨਾਲ ਪਿਆਰ ਪਾਈ ਰੱਖਦਾ ਹੈ, (ਗੁਰੂ ਆਪਣੇ) ਸ਼ਬਦ ਦੀ ਰਾਹੀਂ (ਉਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ, (ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਦੂਰ ਕਰ ਦੇਂਦਾ ਹੈ । (ਉਸ ਮਨੁੱਖ ਦੇ) ਹਿਰਦੇ ਵਿਚ ਆਤਮਕ ਜੀਵਨ ਦੀ ਸੂਝ ਵਾਲਾ ਤੇਜ਼ ਚਾਨਣ ਮਘ ਪੈਂਦਾ ਹੈ, ਉਸ ਦੇ ਸਾਰੇ ਗਿਆਨ-ਇੰਦ੍ਰੇ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । (ਉਹ ਮਨੁੱਖ ਆਪਣਾ) ਸਰੀਰ ਭੇਟ ਕਰ ਕੇ, (ਆਪਣਾ) ਮਨ ਭੇਟ ਕਰ ਕੇ ਆਤਮਕ ਜੀਵਨ ਦਾ ਸੁਹਜ ਪੈਦਾ ਕਰ ਲੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ । ਹੇ ਨਾਨਕ! (ਉਹ ਮਨੁੱਖ ਸਦਾ ਪ੍ਰਭੂ ਦੀ) ਗੋਦ ਵਿਚ ਲੀਨ ਰਹਿੰਦਾ ਹੈ (ਉਸ ਦੀ ਇਹ ਸਰਧਾ ਬਣੀ ਰਹਿੰਦੀ ਹੈ ਕਿ) ਜੋ ਕੁਝ ਪ੍ਰਭੂ ਹੁਕਮ ਕਰਦਾ ਹੈ, ਉਹੀ ਧਿਆਨ ਨਾਲ ਕਰਨਾ ਚਾਹੀਦਾ ਹੈ (ਪ੍ਰਭੂ ਦੀ ਰਜ਼ਾ ਵਿਚ ਪੂਰਨ ਤੌਰ ਤੇ ਰਾਜ਼ੀ ਰਹਿਣਾ ਚਾਹੀਦਾ ਹੈ) ।੩।

ਹਰਿ ਪ੍ਰਭਿ ਕਾਜੁ ਰਚਾਇਆ ॥ ਗੁਰਮੁਖਿ ਵੀਆਹਣਿ ਆਇਆ ॥ ਵੀਆਹਣਿ ਆਇਆ ਗੁਰਮੁਖਿ ਹਰਿ ਪਾਇਆ ਸਾਧਨ ਕੰਤ ਪਿਆਰੀ ॥ ਸੰਤ ਜਨਾ ਮਿਲਿ ਮੰਗਲ ਗਾਏ ਹਰਿ ਜੀਉ ਆਪਿ ਸਵਾਰੀ ॥ ਸੁਰਿ ਨਰ ਗਣ ਗੰਧਰਬ ਮਿਲਿ ਆਏ ਅਪੂਰਬ ਜੰਞ ਬਣਾਈ ॥ ਨਾਨਕ ਪ੍ਰਭੁ ਪਾਇਆ ਮੈ ਸਾਚਾ ਨਾ ਕਦੇ ਮਰੈ ਨ ਜਾਈ ॥੪॥੧॥੩॥ {ਪੰਨਾ ੭੭੫}

ਪਦ ਅਰਥ :—ਪ੍ਰਭਿ—ਪ੍ਰਭੂ ਨੇ । ਕਾਜੁ—ਵਿਆਹ ਦਾ ਕਾਰਜ । ਰਚਾਇਆ—ਰਚਾ ਦਿੱਤਾ, ਆਰੰਭ ਕਰ ਦਿੱਤਾ । ਗੁਰਮੁਖਿ—ਗੁਰੂ ਦੀ ਰਾਹੀਂ । ਸਾਧਨ—(ਉਹ) ਜੀਵ-ਇਸਤ੍ਰੀ । ਕੰਤ ਪਿਆਰੀ—ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ । ਮਿਲਿ—ਮਿਲ ਕੇ । ਮੰਗਲ—ਸਿਫ਼ਤਿ-ਸਾਲਾਹ ਦੇ ਗੀਤ । ਸਵਾਰੀ—ਸੋਹਣੇ ਜੀਵਨ ਵਾਲੀ ਬਣਾ ਦਿੱਤੀ । ਸੁਰਿ—ਦੇਵਤੇ । ਸੁਰਿ ਨਰ—ਦੈਵੀ ਸੁਭਾਉ ਵਾਲੇ ਮਨੁੱਖ । ਗਣ—ਸ਼ਿਵ ਜੀ ਦੇ ਉਪਾਸ਼ਕ । ਗੰਧਰਬ—ਦੇਵਤਿਆਂ ਦੇ ਰਾਗੀ । ਸੁਰਿ.....ਗੰਧਰਬ—ਉੱਚੇ ਜੀਵਨ ਵਾਲੇ ਸੰਤ-ਜਨ । ਅਪੂਰਬ—ਜਿਹੜੀ ਪਹਿਲਾਂ ਵੇਖਣ ਵਿਚ ਨਾਹ ਆਈ ਹੋਵੇ {ਅ-ਪੂਰਬ} । ਪ੍ਰਭੁ ਮੈ—ਮੈਂ ਪ੍ਰਭੂ, ਮੇਰਾ ਪ੍ਰਭੂ । ਸਾਚਾ—ਸਦਾ ਕਾਇਮ ਰਹਿਣ ਵਾਲਾ । ਜਾਈ—ਜੰਮਦਾ ।੪।

ਅਰਥ :—ਹੇ ਭਾਈ! ਹਰੀ ਪ੍ਰਭੂ ਨੇ (ਜਿਸ ਜੀਵ-ਇਸਤ੍ਰੀ ਦੇ ਵਿਆਹ ਦਾ) ਕੰਮ ਰਚ ਦਿੱਤਾ, ਉਸ ਨੂੰ ਉਹ ਗੁਰੂ ਦੀ ਰਾਹੀਂ ਵਿਆਹੁਣ ਲਈ ਆ ਪਹੁੰਚਿਆ (ਜਿਹੜੀ ਜੀਵ-ਇਸਤ੍ਰੀ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜਨਾ ਚਾਹੁੰਦਾ ਹੈ, ਉਸ ਨੂੰ ਗੁਰੂ ਦੀ ਸਰਨ ਵਿਚ ਟਿਕਾਂਦਾ ਹੈ) ।

ਹੇ ਭਾਈ! (ਜਿਸ ਜੀਵ-ਇਸਤ੍ਰੀ ਨੂੰ) ਪ੍ਰਭੂ ਆਪਣੇ ਨਾਲ ਜੋੜਨ ਦੀ ਮਿਹਰ ਕਰਦਾ ਹੈ, ਉਸ ਨੂੰ ਗੁਰੂ ਦੀ ਰਾਹੀਂ ਮਿਲ ਪੈਂਦਾ ਹੈ, ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ । ਉਹ ਜੀਵ-ਇਸਤ੍ਰੀ ਸੰਤ ਜਨਾਂ ਨਾਲ ਮਿਲ ਕੇ ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੀ ਹੈ, ਪ੍ਰਭੂ ਆਪ ਉਸ ਦਾ ਜੀਵਨ ਸੋਹਣਾ ਬਣਾ ਦੇਂਦਾ ਹੈ ।

(ਜਿਵੇਂ ਵਿਆਹ ਦੇ ਸਮੇ ਜਾਂਞੀ ਰਲ ਕੇ ਆਉਂਦੇ ਹਨ, ਤਿਵੇਂ ਉਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਾਲ ਮਿਲਾਣ ਵਾਸਤੇ) ਦੈਵੀ ਗੁਣਾਂ ਵਾਲੇ ਸੰਤ ਜਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲੇ ਭਗਤ-ਜਨ ਮਿਲ ਕੇ ਆਉਂਦੇ ਹਨ (ਉਸ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਵਿਆਹ ਕਰਨ ਲਈ) ਇਕ ਅਦ੍ਭੁਤੀ ਜੰਞ ਬਣਾਂਦੇ ਹਨ । ਹੇ ਨਾਨਕ (ਸਤ ਸੰਗੀਆਂ ਦੀ ਉਸ ਜੰਞ ਦੀ ਬਰਕਤਿ ਨਾਲ, ਭਾਵ, ਉਸ ਸਤਸੰਗ ਦੀ ਕਿਰਪਾ ਨਾਲ ਉਸ ਜੀਵ-ਇਸਤ੍ਰੀ ਨੂੰ) ਉਹ ਪਿਆਰਾ ਪ੍ਰਭੂ ਮਿਲ ਪੈਂਦਾ ਹੈ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਕਦੇ ਜੰਮਦਾ ਮਰਦਾ ਨਹੀਂ ।੪।੧।੩।

ਰਾਗੁ ਸੂਹੀ ਛੰਤ ਮਹਲਾ ੪ ਘਰੁ ੩
ੴ ਸਤਿਗੁਰ ਪ੍ਰਸਾਦਿ ॥ ਆਵਹੋ ਸੰਤ ਜਨਹੁ ਗੁਣ ਗਾਵਹ ਗੋਵਿੰਦ ਕੇਰੇ ਰਾਮ ॥ ਗੁਰਮੁਖਿ ਮਿਲਿ ਰਹੀਐ ਘਰਿ ਵਾਜਹਿ ਸਬਦ ਘਨੇਰੇ ਰਾਮ ॥ ਸਬਦ ਘਨੇਰੇ ਹਰਿ ਪ੍ਰਭ ਤੇਰੇ ਤੂ ਕਰਤਾ ਸਭ ਥਾਈ ॥ ਅਹਿਨਿਸਿ ਜਪੀ ਸਦਾ ਸਾਲਾਹੀ ਸਾਚ ਸਬਦਿ ਲਿਵ ਲਾਈ ॥ ਅਨਦਿਨੁ ਸਹਜਿ ਰਹੈ ਰੰਗਿ ਰਾਤਾ ਰਾਮ ਨਾਮੁ ਰਿਦ ਪੂਜਾ ॥ ਨਾਨਕ ਗੁਰਮੁਖਿ ਏਕੁ ਪਛਾਣੈ ਅਵਰੁ ਨ ਜਾਣੈ ਦੂਜਾ ॥੧॥ {ਪੰਨਾ ੭੭੫}

ਪਦ ਅਰਥ :—ਆਵਹੋ—ਆਵਹੁ, ਆਓ । ਸੰਤ ਜਨਹੁ—ਹੇ ਸੰਤ ਜਨੋ! ਗਾਵਹ—ਆਓ, ਅਸੀ ਗਾਵੀਏ । ਕੇਰੇ—ਦੇ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਮਿਲਿ ਰਹੀਐ—(ਪ੍ਰਭੂ-ਚਰਨਾਂ ਵਿਚ) ਖੜੇ ਰਹਿਣਾ ਚਾਹੀਦਾ ਹੈ । ਘਰਿ—(ਹਿਰਦੇ-) ਘਰ ਵਿਚ । ਵਾਜਹਿ—ਵੱਜ ਪੈਂਦੇ ਹਨ, ਆਪਣਾ ਪ੍ਰਭਾਵ ਪਾਈ ਰੱਖਦੇ ਹਨ । ਸਬਦ—(ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ) ਸ਼ਬਦ । ਘਨੇਰੇ—ਅਨੇਕਾਂ, ਬਹੁਤ । ਪ੍ਰਭ—ਹੇ ਪ੍ਰਭੂ! ਥਾਈ—ਥਾਈਂ, ਥਾਵਾਂ ਵਿਚ । ਅਹਿ—ਦਿਨ । ਨਿਸਿ—ਰਾਤ । ਜਪੀ—ਜਪੀਂ, ਮੈਂ ਜਪਦਾ ਰਹਾਂ । ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਰਹਾਂ । ਸਾਚ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ । ਲਿਵ ਲਾਈ—ਲਿਵ ਲਾਈਂ, ਸੁਰਤਿ ਜੋੜੀ ਰੱਖਾਂ । ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ । ਸਹਜਿ—ਆਤਮਕ ਅਡੋਲਤਾ ਵਿਚ । ਰੰਗਿ—ਪ੍ਰੇਮ-ਰੰਗ ਵਿਚ । ਰਾਤਾ ਰਹੈ—ਰੰਗਿਆ ਰਹਿੰਦਾ ਹੈ । ਰਿਦ ਪੂਜਾ—ਹਿਰਦੇ ਦੀ ਪੂਜਾ (ਬਣਾਂਦਾ ਹੈ) ।੧।

ਅਰਥ :—ਹੇ ਸੰਤ ਜਨੋ! ਆਓ, (ਸਾਧ ਸੰਗਤਿ ਵਿਚ ਮਿਲ ਕੇ) ਪਰਮਾਤਮਾ ਦੇ ਗੁਣ ਗਾਂਦੇ ਰਹੀਏ । (ਹੇ ਸੰਤ ਜਨੋ!) ਗੁਰੂ ਦੀ ਸਰਨ ਪੈ ਕੇ (ਪ੍ਰਭੂ-ਚਰਨਾਂ ਵਿਚ) ਜੁੜੇ ਰਹਿਣਾ ਚਾਹੀਦਾ ਹੈ (ਪ੍ਰਭੂ-ਚਰਨਾਂ ਵਿਚ ਜੁੜਨ ਦੀ ਬਰਕਤ ਨਾਲ) ਹਿਰਦੇ-ਘਰ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਆਪਣਾ ਪ੍ਰਭਾਵ ਪਾਈ ਰੱਖਦੇ ਹਨ ।

ਹੇ ਪ੍ਰਭੂ! (ਜਿਉਂ ਜਿਉਂ) ਤੇਰੀ ਸਿਫ਼ਤਿ-ਸਾਲਾਹ ਦੇ ਸ਼ਬਦ (ਮਨੁੱਖ ਦੇ ਹਿਰਦੇ ਵਿਚ) ਪ੍ਰਭਾਵ ਪਾਂਦੇ ਹਨ, (ਤਿਉਂ ਤਿਉਂ ਤੂੰ) ਉਸ ਨੂੰ ਸਭ ਥਾਈਂ ਵੱਸਦਾ ਦਿੱਸਦਾ ਹੈਂ । (ਹੇ ਪ੍ਰਭੂ! ਮੇਰੇ ਉੱਤੇ ਭੀ ਮਿਹਰ ਕਰ) ਮੈਂ ਦਿਨ ਰਾਤ ਤੇਰਾ ਨਾਮ ਜਪਦਾ ਰਹਾਂ, ਮੈਂ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਮੈਂ ਤੇਰੀ ਸਦਾ-ਥਿਰ ਸਿਫ਼ਤਿ-ਸਾਲਾਹ ਵਿਚ ਸੁਰਤਿ ਜੋੜੀ ਰੱਖਾਂ ।

ਹੇ ਨਾਨਕ! ਜਿਹੜਾ ਮਨੁੱਖ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ ਦੀ ਪੂਜਾ ਬਣਾਂਦਾ ਹੈ (ਭਾਵ, ਹਰ ਵੇਲੇ ਹਿਰਦੇ ਵਿਚ ਵਸਾਈ ਰੱਖਦਾ ਹੈ) ਉਹ ਮਨੁੱਖ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ । ਗੁਰੂ ਦੀ ਸਰਨ ਪੈ ਕੇ ਉਹ ਇਕ ਪ੍ਰਭੂ ਨਾਲ ਹੀ ਸਾਂਝ ਪਾਈ ਰੱਖਦਾ ਹੈ, ਕਿਸੇ ਹੋਰ ਦੂਜੇ ਨਾਲ ਡੂੰਘੀ ਸਾਂਝ ਨਹੀਂ ਪਾਂਦਾ ।੧।

ਸਭ ਮਹਿ ਰਵਿ ਰਹਿਆ ਸੋ ਪ੍ਰਭੁ ਅੰਤਰਜਾਮੀ ਰਾਮ ॥ ਗੁਰ ਸਬਦਿ ਰਵੈ ਰਵਿ ਰਹਿਆ ਸੋ ਪ੍ਰਭੁ ਮੇਰਾ ਸੁਆਮੀ ਰਾਮ ॥ ਪ੍ਰਭੁ ਮੇਰਾ ਸੁਆਮੀ ਅੰਤਰਜਾਮੀ ਘਟਿ ਘਟਿ ਰਵਿਆ ਸੋਈ ॥ ਗੁਰਮਤਿ ਸਚੁ ਪਾਈਐ ਸਹਜਿ ਸਮਾਈਐ ਤਿਸੁ ਬਿਨੁ ਅਵਰੁ ਨ ਕੋਈ ॥ ਸਹਜੇ ਗੁਣ ਗਾਵਾ ਜੇ ਪ੍ਰਭ ਭਾਵਾ ਆਪੇ ਲਏ ਮਿਲਾਏ ॥ ਨਾਨਕ ਸੋ ਪ੍ਰਭੁ ਸਬਦੇ ਜਾਪੈ ਅਹਿਨਿਸਿ ਨਾਮੁ ਧਿਆਏ ॥੨॥ {ਪੰਨਾ ੭੭੫}

ਪਦ ਅਰਥ :—ਰਵਿ ਰਹਿਆ—ਵਿਆਪਕ ਹੈ । ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ । ਸਬਦਿ—ਸ਼ਬਦ ਦੀ ਰਾਹੀਂ । ਰਵੈ—ਸਿਮਰਦਾ ਹੈ । ਘਟਿ ਘਟਿ—ਹਰੇਕ ਸਰੀਰ ਵਿਚ । ਰਵਿਆ—ਵਿਆਪਕ । ਸੋਈ—ਉਹੀ । ਸਚੁ—ਸਦਾ-ਥਿਰ ਪ੍ਰਭੂ । ਪਾਈਐ—ਮਿਲਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਸਮਾਈਐ—ਟਿਕੇ ਰਹੀਦਾ ਹੈ । ਅਵਰੁ—ਹੋਰ । ਸਹਜੇ—ਆਤਮਕ ਅਡੋਲਤਾ ਵਿਚ (ਟਿਕ ਕੇ) । ਗਾਵਾ—ਗਾਵਾਂ, ਮੈਂ ਗਾ ਸਕਦਾ ਹਾਂ । ਪ੍ਰਭ ਭਾਵਾ—ਪ੍ਰਭੂ ਨੂੰ ਭਾਵਾਂ, ਪ੍ਰਭੂ ਨੂੰ ਚੰਗਾ ਲੱਗਾਂ । ਆਪੇ—ਆਪ ਹੀ । ਸਬਦੇ—ਸ਼ਬਦ ਦੀ ਰਾਹੀਂ । ਜਾਪੈ—ਜਾਣਿਆ ਜਾ ਸਕਦਾ ਹੈ, ਡੂੰਘੀ ਸਾਂਝ ਪੈ ਸਕਦੀ ਹੈ । ਅਹਿ—ਦਿਨ । ਨਿਸਿ—ਰਾਤ ।੨।

ਅਰਥ :—ਹੇ ਭਾਈ! ਉਹ ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਅਤੇ ਸਭ ਜੀਵਾਂ ਵਿਚ ਵਿਆਪਕ ਹੈ । (ਪਰ ਜਿਹੜਾ ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਨੂੰ) ਸਿਮਰਦਾ ਹੈ, ਉਸ ਨੂੰ ਹੀ ਉਹ ਮਾਲਕ-ਪ੍ਰਭੂ (ਸਭ ਥਾਈਂ) ਵਿਆਪਕ ਦਿੱਸਦਾ ਹੈ । (ਉਸ ਮਨੁੱਖ ਨੂੰ ਹੀ ਇਹ ਨਿਸ਼ਚਾ ਬਣਦਾ ਹੈ ਕਿ) ਮਾਲਕ-ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਅਤੇ ਹਰੇਕ ਸਰੀਰ ਵਿਚ ਮੌਜੂਦ ਹੈ ।

ਹੇ ਭਾਈ! ਗੁਰੂ ਦੀ ਮਤਿ ਉਤੇ ਤੁਰਿਆਂ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, (ਗੁਰੂ ਦੀ ਮਤਿ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਲੀਨ ਰਹਿ ਸਕੀਦਾ ਹੈ (ਅਤੇ ਇਹ ਨਿਸ਼ਚਾ ਬਣਦਾ ਹੈ ਕਿ ਕਿਤੇ ਭੀ) ਉਸ ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ ।

ਹੇ ਭਾਈ! (ਪ੍ਰਭੂ ਦੀ ਆਪਣੀ ਹੀ ਮਿਹਰ ਨਾਲ) ਜੇ ਮੈਂ ਉਸ ਪ੍ਰਭੂ ਨੂੰ ਚੰਗਾ ਲੱਗ ਪਵਾਂ, ਤਾਂ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਉਸ ਦੇ ਗੁਣ ਗਾ ਸਕਦਾ ਹਾਂ, ਉਹ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ । ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਉਸ ਪ੍ਰਭੂ ਨਾਲ ਡੂੰਘੀ ਸਾਂਝ ਪੈ ਸਕਦੀ ਹੈ (ਜਿਹੜਾ ਮਨੁੱਖ ਸ਼ਬਦ ਵਿਚ) ਜੁੜਦਾ ਹੈ, (ਉਹ) ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ।੨।

ਇਹੁ ਜਗੋ ਦੁਤਰੁ ਮਨਮੁਖੁ ਪਾਰਿ ਨ ਪਾਈ ਰਾਮ ॥ ਅੰਤਰੇ ਹਉਮੈ ਮਮਤਾ ਕਾਮੁ ਕ੍ਰੋਧੁ ਚਤੁਰਾਈ ਰਾਮ ॥ ਅੰਤਰਿ ਚਤੁਰਾਈ ਥਾਇ ਨ ਪਾਈ ਬਿਰਥਾ ਜਨਮੁ ਗਵਾਇਆ ॥ ਜਮ ਮਗਿ ਦੁਖੁ ਪਾਵੈ ਚੋਟਾ ਖਾਵੈ ਅੰਤਿ ਗਇਆ ਪਛੁਤਾਇਆ ॥ ਬਿਨੁ ਨਾਵੈ ਕੋ ਬੇਲੀ ਨਾਹੀ ਪੁਤੁ ਕੁਟੰਬੁ ਸੁਤੁ ਭਾਈ ॥ ਨਾਨਕ ਮਾਇਆ ਮੋਹੁ ਪਸਾਰਾ ਆਗੈ ਸਾਥਿ ਨ ਜਾਈ ॥੩॥ {ਪੰਨਾ ੭੭੫}

ਪਦ ਅਰਥ :—ਜਗੋ—ਜਗੁ, ਜਗਤ । ਦੁਤਰੁ—{ਦੁਤਰ} ਜਿਸ ਤੋਂ ਪਾਰ ਲੰਘਣਾ ਔਖਾ ਹੈ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਪਾਰਿ ਨ ਪਾਈ—ਪਰਲੇ ਪਾਸੇ ਨਹੀਂ ਪਹੁੰਚ ਸਕਦਾ । ਅੰਤਰੇ—(ਮਨਮੁਖ ਦੇ) ਅੰਦਰ ਹੀ । ਮਮਤਾ—ਅਪਣੱਤ, ਮਲਕੀਅਤ ਦੀ ਲਾਲਸਾ । ਥਾਇ—ਥਾਂ ਵਿਚ । ਥਾਇ ਨ ਪਾਈ—(ਪ੍ਰਭੂ ਦੀ ਹਜ਼ੂਰੀ ਵਿਚ) ਪਰਵਾਨ ਨਹੀਂ ਹੁੰਦਾ । ਬਿਰਥਾ—ਵਿਅਰਥ {ਯਥਾ} । ਜਮ ਮਗਿ—ਜਮਰਾਜ ਦੇ ਰਸਤੇ ਉੱਤੇ । ਪਾਵੈ—ਸਹਿੰਦਾ ਹੈ । ਅੰਤਿ—ਆਖ਼ਰ ਵੇਲੇ, ਅੰਤ ਵੇਲੇ । ਕੋ—ਕੋਈ ਮਨੁੱਖ । ਬੇਲੀ—ਮਦਦਗਾਰ । ਸੁਤੁ—ਪੁੱਤਰ । ਭਾਈ—ਭਰਾ । ਪਸਾਰਾ—ਖਿਲਾਰਾ । ਆਗੈ—ਪਰਲੋਕ ਵਿਚ । ਸਾਥਿ—ਨਾਲ ।੩।

ਅਰਥ :—ਹੇ ਭਾਈ! ਇਹ ਜਗਤ (ਇਕ ਅਜਿਹਾ ਸਮੁੰਦਰ ਹੈ, ਜਿਸ ਤੋਂ) ਪਾਰ ਲੰਘਣਾ ਔਖਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਦੇ) ਪਾਰਲੇ ਪਾਸੇ ਨਹੀਂ ਪਹੁੰਚ ਸਕਦਾ, (ਕਿਉਂਕਿ ਉਸ ਦੇ) ਅੰਦਰ ਹੀ ਅਹੰਕਾਰ, ਅਸਲੀਅਤ ਦੀ ਲਾਲਸਾ, ਕਾਮ, ਕ੍ਰੋਧ, ਚਤੁਰਾਈ (ਆਦਿਕ ਭੈੜ) ਟਿਕੇ ਰਹਿੰਦੇ ਹਨ ।

ਹੇ ਭਾਈ! (ਜਿਸ ਮਨੁੱਖ ਦੇ) ਅੰਦਰ ਆਪਣੀ ਸਿਆਣਪ ਦਾ ਮਾਣ ਟਿਕਿਆ ਰਹਿੰਦਾ ਹੈ ਉਹ ਮਨੁੱਖ (ਪ੍ਰਭੂ-ਦਰ ਤੇ) ਪਰਵਾਨ ਨਹੀਂ ਹੁੰਦਾ, ਉਹ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦਾ ਹੈ । (ਉਹ ਮਨੁੱਖ ਸਾਰੀ ਉਮਰ) ਜਮਰਾਜ ਦੇ ਰਸਤੇ ਉਤੇ ਤੁਰਦਾ ਹੈ, ਦੁੱਖ ਸਹਾਰਦਾ ਹੈ, (ਆਤਮਕ ਮੌਤ ਦੀਆਂ) ਚੋਟਾਂ ਖਾਂਦਾ ਰਹਿੰਦਾ ਹੈ, ਅੰਤ ਵੇਲੇ ਇਥੋਂ ਹੱਥ ਮਲਦਾ ਜਾਂਦਾ ਹੈ । ਹੇ ਭਾਈ! (ਜੀਵਨ-ਸਫ਼ਰ ਵਿਚ ਇੱਥੇ) ਪੁੱਤਰ, ਪਰਵਾਰ, ਭਰਾ—ਇਹਨਾਂ ਵਿਚੋਂ ਕੋਈ ਭੀ ਮਦਦਗਾਰ ਨਹੀਂ, ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਬੇਲੀ ਨਹੀਂ ਬਣਦਾ । ਹੇ ਨਾਨਕ! ਇਹ ਸਾਰਾ ਮਾਇਆ ਦੇ ਮੋਹ ਦਾ (ਹੀ) ਖਿਲਾਰਾ ਹੈ, ਪਰਲੋਕ ਵਿਚ (ਭੀ ਮਨੁੱਖ ਦੇ) ਨਾਲ ਨਹੀਂ ਜਾਂਦਾ ।੩।

ਹਉ ਪੂਛਉ ਅਪਨਾ ਸਤਿਗੁਰੁ ਦਾਤਾ ਕਿਨ ਬਿਧਿ ਦੁਤਰੁ ਤਰੀਐ ਰਾਮ ॥ ਸਤਿਗੁਰ ਭਾਇ ਚਲਹੁ ਜੀਵਤਿਆ ਇਵ ਮਰੀਐ ਰਾਮ ॥ ਜੀਵਤਿਆ ਮਰੀਐ ਭਉਜਲੁ ਤਰੀਐ ਗੁਰਮੁਖਿ ਨਾਮਿ ਸਮਾਵੈ ॥ ਪੂਰਾ ਪੁਰਖੁ ਪਾਇਆ ਵਡਭਾਗੀ ਸਚਿ ਨਾਮਿ ਲਿਵ ਲਾਵੈ ॥ ਮਤਿ ਪਰਗਾਸੁ ਭਈ ਮਨੁ ਮਾਨਿਆ ਰਾਮ ਨਾਮਿ ਵਡਿਆਈ ॥ ਨਾਨਕ ਪ੍ਰਭੁ ਪਾਇਆ ਸਬਦਿ ਮਿਲਾਇਆ ਜੋਤੀ ਜੋਤਿ ਮਿਲਾਈ ॥੪॥੧॥੪॥ {ਪੰਨਾ ੭੭੫-੭੭੬}

ਪਦ ਅਰਥ :—ਹਉ—ਹਉਂ, ਮੈਂ । ਪੂਛਉ—ਪੂਛਉਂ, ਮੈਂ ਪੁੱਛਦਾ ਹਾਂ । ਕਿਨ ਬਿਧਿ—ਕਿਸ ਤਰੀਕੇ ਨਾਲ? ਦੁਤਰੁ—ਔਖਿਆਈ ਨਾਲ ਤਰਿਆ ਜਾ ਸਕਣ ਵਾਲਾ ਸਮੁੰਦਰ । ਤਰੀਐ—ਤਰਿਆ ਜਾ ਸਕਦਾ ਹੈ । ਸਤਿਗੁਰ ਭਾਇ—ਗੁਰੂ ਦੀ ਰਜ਼ਾ ਵਿਚ । ਇਵ—ਇਸ ਤਰ੍ਹਾਂ । ਮਰੀਐ—ਮਰ ਸਕੀਦਾ ਹੈ, ਵਿਕਾਰਾਂ ਵਲੋਂ ਮੁਰਦਾ ਹੋ ਜਾਈਦਾ ਹੈ । ਭਉਜਲੁ—ਸੰਸਾਰ-ਸਮੁੰਦਰ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਨਾਮਿ—ਨਾਮ ਵਿਚ । ਸਮਾਵੈ—ਲੀਨ ਰਹਿੰਦਾ ਹੈ । ਵਡਭਾਗੀ—ਵੱਡੇ ਭਾਗਾਂ ਨਾਲ । ਸਚਿ—ਸਦਾ-ਥਿਰ ਵਿਚ । ਸਚਿ ਨਾਮਿ—ਸਦਾ-ਥਿਰ ਹਰਿ-ਨਾਮ ਵਿਚ । ਲਿਵ ਲਾਵੈ—ਸੁਰਤਿ ਜੋੜੀ ਰੱਖਦਾ ਹੈ । ਪਰਗਾਸੁ—ਆਤਮਕ ਜੀਵਨ ਦੀ ਸੂਝ ਨਾਲ ਰੌਸ਼ਨ । ਮਾਨਿਆ—ਪਤੀਜ ਜਾਂਦਾ ਹੈ । ਵਡਿਆਈ—ਇੱਜ਼ਤ, ਸੋਭਾ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਜੋਤੀ—ਪ੍ਰਭੂ ਦੀ ਜੋਤਿ ਵਿਚ । ਜੋਤਿ—ਜਿੰਦ ।੪।

ਅਰਥ :—ਹੇ ਭਾਈ! (ਜਦੋਂ) ਮੈਂ (ਨਾਮ ਦੀ) ਦਾਤਿ ਦੇਣ ਵਾਲੇ ਆਪਣੇ ਗੁਰੂ ਨੂੰ ਪੁੱਛਦਾ ਹਾਂ ਕਿ ਇਹ ਦੁੱਤਰ ਸੰਸਾਰ-ਸਮੁੰਦਰ ਕਿਸ ਤਰੀਕੇ ਨਾਲ ਲੰਘਿਆ ਜਾ ਸਕਦਾ ਹੈ (ਤਾਂ ਅੱਗੋਂ ਉੱਤਰ ਮਿਲਦਾ ਹੈ ਕਿ) ਗੁਰੂ ਦੀ ਰਜ਼ਾ ਵਿਚ (ਜੀਵਨ-ਤੋਰ) ਤੁਰਦੇ ਰਹੋ, ਇਸ ਤਰ੍ਹਾਂ ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ ਵਿਕਾਰਾਂ ਵਲੋਂ ਬਚੇ ਰਹੀਦਾ ਹੈ । (ਗੁਰੂ ਦੀ ਰਜ਼ਾ ਵਿਚ ਤੁਰਿਆਂ) ਦੁਨੀਆ ਦੀ ਕਾਰ ਕਰਦਿਆਂ ਵਿਕਾਰਾਂ ਵਲੋਂ ਮਰੇ ਰਹੀਦਾ ਹੈ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ । (ਕਿਉਂਕਿ) ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ਉਸ ਨੂੰ ਵੱਡੀ ਕਿਸਮਤ ਨਾਲ ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ ਮਿਲ ਪੈਂਦਾ ਹੈ, ਸਦਾ-ਥਿਰ ਹਰਿ-ਨਾਮ ਵਿਚ ਉਹ ਸੁਰਤਿ ਜੋੜੀ ਰੱਖਦਾ ਹੈ । ਉਸ ਦੀ ਮਤਿ ਵਿਚ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋ ਜਾਂਦਾ ਹੈ, ਉਸ ਦਾ ਮਨ ਨਾਮ ਵਿਚ ਪਤੀਜ ਜਾਂਦਾ ਹੈ, ਉਸ ਨੂੰ ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ । ਹੇ ਨਾਨਕ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਨੂੰ ਪ੍ਰਭੂ ਮਿਲ ਪੈਂਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਇਕ-ਮਿਕ ਹੋਈ ਰਹਿੰਦੀ ਹੈ ।੪।੧।੪।

ਸੂਹੀ ਮਹਲਾ ੪ ਘਰੁ ੫

ੴ ਸਤਿਗੁਰ ਪ੍ਰਸਾਦਿ ॥ ਗੁਰੁ ਸੰਤ ਜਨੋ ਪਿਆਰਾ ਮੈ ਮਿਲਿਆ ਮੇਰੀ ਤ੍ਰਿਸਨਾ ਬੁਝਿ ਗਈਆਸੇ ॥ ਹਉ ਮਨੁ ਤਨੁ ਦੇਵਾ ਸਤਿਗੁਰੈ ਮੈ ਮੇਲੇ ਪ੍ਰਭ ਗੁਣਤਾਸੇ ॥ ਧਨੁ ਧੰਨੁ ਗੁਰੂ ਵਡ ਪੁਰਖੁ ਹੈ ਮੈ ਦਸੇ ਹਰਿ ਸਾਬਾਸੇ ॥ ਵਡਭਾਗੀ ਹਰਿ ਪਾਇਆ ਜਨ ਨਾਨਕ ਨਾਮਿ ਵਿਗਾਸੇ ॥੧॥ {ਪੰਨਾ ੭੭੬}

ਪਦ ਅਰਥ :—ਸੰਤ ਜਨੋ—ਹੇ ਸੰਤ ਜਨੋ! ਮੈ—ਮੈਨੂੰ । ਬੁਝਿ ਗਈਆਸੇ—ਬੁਝਿ ਗਈਆ, ਬੁੱਝ ਗਈ ਹੈ । ਹਉ—ਹਉਂ, ਮੈਂ । ਦੇਵਾ—ਦੇਵਾਂ, ਮੈਂ ਭੇਟ ਕਰਦਾ ਹਾਂ । ਦੇਵਾ ਸਤਿਗੁਰੈ—ਸਤਿਗੁਰੂ ਨੂੰ ਦੇਂਦਾ ਹਾਂ । ਗੁਣਤਾਸੇ—ਗੁਣ-ਤਾਸ, ਗੁਣਾਂ ਦਾ ਖ਼ਜ਼ਾਨਾ । ਧਨੁ ਧੰਨੁ—ਸਲਾਹੁਣ-ਜੋਗ । ਵਡ ਪੁਰਖੁ—ਮਹਾ ਪੁਰਖ । ਦਸੇ ਹਰਿ—ਦੱਸੇ ਹਰਿ, ਹਰੀ ਦੀ ਦੱਸ ਪਾਂਦਾ ਹੈ । ਸਾਬਾਸੇ—ਗੁਰੂ ਨੂੰ ਸ਼ਾਬਾਸ਼ । ਵਡਭਾਗੀ—ਵੱਡੇ ਭਾਗਾਂ ਨਾਲ । ਨਾਮਿ—ਨਾਮ ਵਿਚ (ਜੁੜ ਕੇ) । ਵਿਗਾਸੇ—ਖਿੜ ਗਏ, ਆਤਮਕ ਆਨੰਦ ਨਾਲ ਭਰਪੂਰ ਹੋ ਗਏ ।੧।

ਅਰਥ :—ਹੇ ਸੰਤ ਜਨੋ! ਮੈਨੂੰ ਪਿਆਰਾ ਗੁਰੂ ਮਿਲ ਪਿਆ ਹੈ (ਉਸ ਦੀ ਮਿਹਰ ਨਾਲ) ਮੇਰੀ (ਮਾਇਆ ਦੀ) ਤ੍ਰਿਸ਼ਨਾ ਮਿਟ ਗਈ ਹੈ । (ਗੁਰੂ) ਮੈਨੂੰ ਗੁਣਾਂ

ਦੇ ਖ਼ਜ਼ਾਨੇ ਪਰਮਾਤਮਾ ਨਾਲ ਮਿਲਾ ਰਿਹਾ ਹੈ, ਮੈਂ ਆਪਣਾ ਮਨ ਆਪਣਾ ਤਨ ਗੁਰੂ ਦੇ ਅੱਗੇ ਭੇਟ ਧਰਦਾ ਹਾਂ ।

ਹੇ ਭਾਈ! ਗੁਰੂ ਸਲਾਹੁਣ-ਜੋਗ ਹੈ, ਗੁਰੂ ਮਹਾ ਪੁਰਖ ਹੈ, ਗੁਰੂ ਨੂੰ ਸ਼ਾਬਾਸ਼ । ਗੁਰੂ ਮੈਨੂੰ ਪਰਮਾਤਮਾ ਦੀ ਦੱਸ ਪਾ ਰਿਹਾ ਹੈ । ਹੇ ਦਾਸ ਨਾਨਕ! ਜਿਨ੍ਹਾਂ ਨੂੰ ਪਰਮਾਤਮਾ ਵੱਡੇ ਭਾਗਾਂ ਨਾਲ ਮਿਲ ਪੈਂਦਾ ਹੈ, (ਉਹ ਮਨੁੱਖ ਪਰਮਾਤਮਾ ਦੇ) ਨਾਮ ਵਿਚ ਜੁੜ ਕੇ ਆਤਮਕ ਆਨੰਦ ਨਾਲ ਭਰਪੂਰ ਹੋ ਜਾਂਦੇ ਹਨ ।੧।

ਗੁਰੁ ਸਜਣੁ ਪਿਆਰਾ ਮੈ ਮਿਲਿਆ ਹਰਿ ਮਾਰਗੁ ਪੰਥੁ ਦਸਾਹਾ ॥ ਘਰਿ ਆਵਹੁ ਚਿਰੀ ਵਿਛੁੰਨਿਆ ਮਿਲੁ ਸਬਦਿ ਗੁਰੂ ਪ੍ਰਭ ਨਾਹਾ ॥ ਹਉ ਤੁਝੁ ਬਾਝਹੁ ਖਰੀ ਉਡੀਣੀਆ ਜਿਉ ਜਲ ਬਿਨੁ ਮੀਨੁ ਮਰਾਹਾ ॥ ਵਡਭਾਗੀ ਹਰਿ ਧਿਆਇਆ ਜਨ ਨਾਨਕ ਨਾਮਿ ਸਮਾਹਾ ॥੨॥ {ਪੰਨਾ 776}

ਪਦ ਅਰਥ :—ਮੈ—ਮੈਨੂੰ । ਮਾਰਗੁ—ਰਸਤਾ । ਪੰਥੁ—ਰਸਤਾ । ਦਸਾਹਾ—ਦਸਾਹਾਂ, ਮੈਂ ਪੁੱਛਦੀ ਹਾਂ । ਘਰਿ—(ਹਿਰਦੇ-) ਘਰ ਵਿਚ । ਚਿਰੀ ਵਿਛੁੰਨਿਆ—ਚਿਰਾਂ ਦੇ ਵਿੱਛੁੜੇ ਹੋਏ । ਸਬਦਿ ਗੁਰੂ—ਗੁਰੂ ਦੇ ਸ਼ਬਦ ਦੀ ਰਾਹੀਂ । ਪ੍ਰਭ ਨਾਹਾ—ਹੇ ਪ੍ਰਭੂ ਖਸਮ! ਹਉ—ਹਉਂ, ਮੈਂ । ਖਰੀ—ਬਹੁਤ । ਉਡੀਣੀਆ—ਉਦਾਸ । ਮੀਨੁ—ਮੱਛੀ । ਨਾਮਿ—ਨਾਮ ਵਿਚ ।੨।

ਅਰਥ :—ਹੇ ਸੰਤ ਜਨੋ! (ਜਦੋਂ ਦਾ) ਪਿਆਰਾ ਗੁਰੂ ਸੱਜਣ ਮੈਨੂੰ ਮਿਲਿਆ ਹੈ, ਮੈਂ (ਉਸ ਪਾਸੋਂ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਪੁੱਛਦੀ ਰਹਿੰਦੀ ਹਾਂ, (ਅਤੇ ਪ੍ਰਭੂ-ਪਤੀ ਨੂੰ ਭੀ ਆਖਦੀ ਰਹਿੰਦੀ ਹਾਂ—) ਹੇ ਪ੍ਰਭੂ ਪਤੀ! ਗੁਰੂ ਦੇ ਸ਼ਬਦ ਦੀ ਰਾਹੀਂ ਮੈਨੂੰ ਚਿਰਾਂ ਦੀ ਵਿੱਛੁੜੀ ਹੋਈ ਨੂੰ ਆ ਮਿਲ, ਮੇਰੇ (ਹਿਰਦੇ-) ਘਰ ਵਿਚ ਆ ਵੱਸ । ਹੇ ਪ੍ਰਭੂ! ਜਿਵੇਂ ਪਾਣੀ ਤੋਂ ਬਿਨਾ ਮੱਛੀ (ਤੜਪ) ਮਰਦੀ ਹੈ, (ਤਿਵੇਂ) ਤੈਥੋਂ ਬਿਨਾ ਮੈਂ ਬਹੁਤ ਉਦਾਸ ਰਹਿੰਦੀ ਹਾਂ ।

ਹੇ ਦਾਸ ਨਾਨਕ! ਜਿਹੜੇ ਮਨੁੱਖਾਂ ਨੇ ਵੱਡੇ ਭਾਗਾਂ ਨਾਲ ਪਰਮਾਤਮਾ ਦਾ ਸਿਮਰਨ ਕੀਤਾ, ਉਹ ਪਰਮਾਤਮਾ ਦੇ ਨਾਮ ਵਿਚ (ਹੀ) ਲੀਨ ਹੋ ਗਏ ।੨।

ਮਨੁ ਦਹਦਿਸਿ ਚਲਿ ਚਲਿ ਭਰਮਿਆ ਮਨਮੁਖੁ ਭਰਮਿ ਭੁਲਾਇਆ ॥ ਨਿਤ ਆਸਾ ਮਨਿ ਚਿਤਵੈ ਮਨ ਤ੍ਰਿਸਨਾ ਭੁਖ ਲਗਾਇਆ ॥ ਅਨਤਾ ਧਨੁ ਧਰਿ ਦਬਿਆ ਫਿਰਿ ਬਿਖੁ ਭਾਲਣ ਗਇਆ ॥ ਜਨ ਨਾਨਕ ਨਾਮੁ ਸਲਾਹਿ ਤੂ ਬਿਨੁ ਨਾਵੈ ਪਚਿ ਪਚਿ ਮੁਇਆ ॥੩॥ {ਪੰਨਾ 776}

ਪਦ ਅਰਥ :—ਦਹ—ਦਸ । ਦਿਸਿ—ਪਾਸਾ, ਤਰਫ਼ । ਦਹ ਦਿਸਿ—ਦਸੀਂ ਪਾਸੀਂ {ਪੂਰਬ, ਪੱਛਮ, ਉੱਤਰ, ਦੱਖਣ ਇਹ ਚਾਰ ਪਾਸੇ, ਚਾਰ ਨੁੱਕਰਾਂ, ਉੱਪਰ ਹੇਠਾਂ} । ਚਲਿ ਚਲਿ—ਦੌੜ ਦੌੜ ਕੇ । ਭਰਮਿਆ—ਭਟਕਦਾ ਹੈ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਭੁਲਾਇਆ—ਕੁਰਾਹੇ ਪਿਆ ਰਹਿੰਦਾ ਹੈ । ਮਨਿ—ਮਨ ਵਿਚ । ਚਿਤਵੈ—ਚਿਤਵਦਾ ਹੈ, ਚਿਤਾਰਦਾ ਹੈ । ਅਨਤਾ—ਅਨੰਤ, ਬੇਅੰਤ । ਧਰਿ—ਧਰਤੀ ਵਿਚ । ਫਿਰਿ—ਫਿਰ ਭੀ । ਬਿਖੁ—ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਿਰ । ਪਚਿ—{Èਲੁ—ੱ—ਠੋ ਬੋਰਨ} ਸੜ ਕੇ, ਖਿੱਝ ਕੇ । ਮੁਇਆ—ਆਤਮਕ ਮੌਤ ਸਹੇੜੀ ਰੱਖਦਾ ਹੈ ।੩।

ਅਰਥ :—ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, (ਉਸ ਦਾ) ਮਨ ਦਸੀਂ ਪਾਸੀਂ ਦੌੜ ਦੌੜ ਕੇ ਭਟਕਦਾ ਰਹਿੰਦਾ ਹੈ । (ਆਪਣੇ ਮਨ ਦਾ ਮੁਰੀਦ ਮਨੁੱਖ ਆਪਣੇ) ਮਨ ਵਿਚ ਸਦਾ (ਮਾਇਆ ਦੀਆਂ) ਆਸਾਂ ਚਿਤਾਰਦਾ ਰਹਿੰਦਾ ਹੈ, (ਉਸ ਦੇ) ਮਨ ਨੂੰ (ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਚੰਬੜੀ ਰਹਿੰਦੀ ਹੈ । ਬੇਅੰਤ ਧਨ ਧਰਤੀ ਵਿਚ ਦੱਬ ਰੱਖਦਾ ਹੈ, ਫਿਰ ਭੀ ਆਤਮਕ ਮੌਤ ਲਿਆਉਣ ਵਾਲੀ ਹੋਰ ਮਾਇਆ-ਜ਼ਹਿਰ ਦੀ ਭਾਲ ਕਰਦਾ ਫਿਰਦਾ ਹੈ ।

ਹੇ ਦਾਸ ਨਾਨਕ! (ਆਖ—ਹੇ ਭਾਈ!) ਤੂੰ ਪਰਮਾਤਮਾ ਦਾ ਨਾਮ ਜਪਦਾ ਰਿਹਾ ਕਰ । ਨਾਮ ਤੋਂ ਖੁੰਝ ਕੇ ਮਨੁੱਖ (ਤ੍ਰਿਸ਼ਨਾ ਦੀ ਅੱਗ ਵਿਚ) ਸੜ ਸੜ ਕੇ ਆਤਮਕ ਮੌਤ ਹੀ ਸਹੇੜੀ ਰੱਖਦਾ ਹੈ ।੩।

ਗੁਰੁ ਸੁੰਦਰੁ ਮੋਹਨੁ ਪਾਇ ਕਰੇ ਹਰਿ ਪ੍ਰੇਮ ਬਾਣੀ ਮਨੁ ਮਾਰਿਆ ॥ ਮੇਰੈ ਹਿਰਦੈ ਸੁਧਿ ਬੁਧਿ ਵਿਸਰਿ ਗਈ ਮਨ ਆਸਾ ਚਿੰਤ ਵਿਸਾਰਿਆ ॥ ਮੈ ਅੰਤਰਿ ਵੇਦਨ ਪ੍ਰੇਮ ਕੀ ਗੁਰ ਦੇਖਤ ਮਨੁ ਸਾਧਾਰਿਆ ॥ ਵਡਭਾਗੀ ਪ੍ਰਭ ਆਇ ਮਿਲੁ ਜਨੁ ਨਾਨਕੁ ਖਿਨੁ ਖਿਨੁ ਵਾਰਿਆ ॥੪॥੧॥੫॥ {ਪੰਨਾ 776}

ਪਦ ਅਰਥ :—ਮੋਹਨੁ—ਮਨ ਨੂੰ ਖਿੱਚ ਪਾਣ ਵਾਲਾ, ਪਿਆਰਾ । ਪਾਇ ਕਰੇ—ਪਾਇ ਕਰਿ, ਪਾ ਕੇ, ਲੱਭ ਕੇ । ਪ੍ਰੇਮ ਬਾਣੀ—ਪ੍ਰੇਮ ਦੇ ਬਾਣਾਂ ਨਾਲ । ਮੇਰੈ ਹਿਰਦੈ—ਮੇਰੇ ਹਿਰਦੇ ਵਿਚ । ਸੁਧਿ ਬੁਧਿ—ਸੂਝ ਬੂਝ । ਮੈ ਅੰਤਰਿ—ਮੇਰੇ ਅੰਦਰ । ਵੇਦਨ—ਪੀੜ । ਸਾਧਾਰਿਆ—ਆਸਰੇ ਵਾਲਾ ਬਣ ਗਿਆ ਹੈ । ਪ੍ਰਭ—ਹੇ ਪ੍ਰਭੂ! ਵਾਰਿਆ—ਕੁਰਬਾਨ, ਸਦਕੇ ।੪।

ਅਰਥ :—ਹੇ ਭਾਈ! ਪਿਆਰੇ ਸੋਹਣੇ ਗੁਰੂ ਨੂੰ ਮਿਲ ਕੇ ਮੇਰਾ ਮਨ ਪ੍ਰੇਮ ਦੇ ਤੀਰਾਂ ਨਾਲ ਵਿੱਝ ਗਿਆ ਹੈ, ਆਸਾ ਚਿੰਤਾ ਵਾਲੀ ਸੂਝ-ਬੂਝ ਮੇਰੇ ਹਿਰਦੇ ਵਿਚੋਂ ਭੁੱਲ ਗਈ ਹੈ, ਮੈਂ ਆਪਣੇ ਮਨ ਦੀ ਆਸਾ ਤੇ ਚਿੰਤਾ ਵਿਸਾਰ ਚੁਕਾ ਹਾਂ । (ਹੁਣ) ਮੇਰੇ ਅੰਦਰ ਪ੍ਰੇਮ ਦੀ ਚੋਭ ਟਿਕੀ ਰਹਿੰਦੀ ਹੈ, ਗੁਰੂ ਦਾ ਦਰਸ਼ਨ ਕਰ ਕੇ ਮੇਰਾ ਮਨ ਧੀਰਜ ਵਾਲਾ ਹੋ ਗਿਆ ਹੈ ।

ਹੇ ਦਾਸ ਨਾਨਕ! (ਹੁਣ ਇਉਂ ਅਰਦਾਸ ਕਰਿਆ ਕਰ—) ਹੇ ਪ੍ਰਭੂ! ਮੇਰੇ ਚੰਗੇ ਭਾਗਾਂ ਨੂੰ ਮੈਨੂੰ ਆ ਮਿਲ—ਮੈਂ ਤੈਥੋਂ ਹਰ ਵੇਲੇ ਸਦਕੇ ਕੁਰਬਾਨ ਜਾਂਦਾ ਹਾਂ ।੪।੧।੫।

ਸੂਹੀ ਛੰਤ ਮਹਲਾ ੪ ॥ ਮਾਰੇਹਿਸੁ ਵੇ ਜਨ ਹਉਮੈ ਬਿਖਿਆ ਜਿਨਿ ਹਰਿ ਪ੍ਰਭ ਮਿਲਣ ਨ ਦਿਤੀਆ ॥ ਦੇਹ ਕੰਚਨ ਵੇ ਵੰਨੀਆ ਇਨਿ ਹਉਮੈ ਮਾਰਿ ਵਿਗੁਤੀਆ ॥ ਮੋਹੁ ਮਾਇਆ ਵੇ ਸਭ ਕਾਲਖਾ ਇਨਿ ਮਨਮੁਖਿ ਮੂੜਿ ਸਜੁਤੀਆ ॥ ਜਨ ਨਾਨਕ ਗੁਰਮੁਖਿ ਉਬਰੇ ਗੁਰ ਸਬਦੀ ਹਉਮੈ ਛੁਟੀਆ ॥੧॥ {ਪੰਨਾ 776}

ਪਦ ਅਰਥ :—ਮਾਰੇਹਿਸੁ—ਇਸ (ਹਉਮੈ) ਨੂੰ ਮਾਰ ਦਿਉ । ਵੇ ਜਨ—ਹੇ ਭਾਈ! ਬਿਖਿਆ—ਮਾਇਆ । ਜਿਨਿ—ਜਿਸ (ਮਾਇਆ) ਨੇ । ਦੇਹ—ਸਰੀਰ, ਕਾਂਇਆਂ । ਕੰਚਨ—ਸੋਨਾ । ਵੇ—ਹੇ ਭਾਈ! ਕੰਚਨ ਵੰਨੀਆ—ਸੋਨੇ ਦੇ ਰੰਗ ਵਾਲੀ, ਸੋਹਣੀ । ਇਨਿ ਹਉਮੈ—ਇਸ ਹਉਮੈ ਨੇ । ਮਾਰਿ—ਮਾਰ ਕੇ । ਵਿਗੁਤੀਆ—ਖ਼ੁਆਰ ਕਰ ਦਿੱਤੀ ਹੈ । ਇਨਿ ਮੂੜਿ ਮਨਮੁਖਿ—ਇਸ ਮੂਰਖ ਮਨਮੁਖ ਨੇ । ਮੂੜਿ—ਮੂਰਖ ਨੇ । ਮਨਮੁਖਿ—ਮਨ ਦੇ ਮੁਰੀਦ ਮਨੁੱਖ ਨੇ ।

ਸਜੁਤੀਆ—(ਆਪਣੇ ਆਪ ਨੂੰ ਕਾਲਖ ਨਾਲ) ਜੋੜਿਆ ਹੋਇਆ ਹੈ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ । ਉਬਰੇ—(ਕਾਲਖ ਤੋਂ) ਬਚ ਜਾਂਦੇ ਹਨ । ਛੁਟੀਆ—ਮੁੱਕ ਜਾਂਦੀ ਹੈ, ਖ਼ਲਾਸੀ ਹੋ ਜਾਂਦੀ ਹੈ ।੧।

ਅਰਥ :—ਹੇ ਭਾਈ! ਜਿਸ ਹਉਮੈ ਨੇ ਜਿਸ ਮਾਇਆ ਨੇ (ਜੀਵ ਨੂੰ ਕਦੇ) ਪਰਮਾਤਮਾ ਨਾਲ ਮਿਲਣ ਨਹੀਂ ਦਿੱਤਾ, ਇਸ ਹਉਮੈ ਨੂੰ ਇਸ ਮਾਇਆ ਨੂੰ (ਆਪਣੇ ਅੰਦਰੋਂ) ਮਾਰ ਮੁਕਾਓ । ਹੇ ਭਾਈ! (ਵੇਖੋ!) ਇਹ ਸਰੀਰ ਸੋਨੇ ਦੇ ਰੰਗ ਵਰਗਾ ਸੋਹਣਾ ਹੁੰਦਾ ਹੈ, (ਪਰ ਜਿੱਥੇ ਹਉਮੈ ਆ ਵੜੀ) ਇਸ ਹਉਮੈ ਨੇ (ਉਸ ਸਰੀਰ ਨੂੰ) ਮਾਰ ਕੇ ਖ਼ੁਆਰ ਕਰ ਦਿੱਤਾ ।

ਹੇ ਭਾਈ! ਮਾਇਆ ਦਾ ਮੋਹ ਨਿਰੀ ਕਾਲਖ ਹੈ, ਪਰ ਆਪਣੇ ਮਨ ਦੇ ਮੁਰੀਦ ਇਸ ਮੂਰਖ ਮਨੁੱਖ ਨੇ (ਆਪਣੇ ਆਪ ਨੂੰ ਇਸ ਕਾਲਖ ਨਾਲ ਹੀ) ਜੋੜ ਰੱਖਿਆ ਹੈ ।

ਹੇ ਦਾਸ ਨਾਨਕ! (ਆਖ—ਹੇ ਭਾਈ!) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਇਸ ਹਉਮੈ ਤੋਂ) ਬਚ ਜਾਂਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਨੂੰ ਹਉਮੈ ਤੋਂ ਖ਼ਲਾਸੀ ਮਿਲ ਜਾਂਦੀ ਹੈ ।੧।

ਵਸਿ ਆਣਿਹੁ ਵੇ ਜਨ ਇਸੁ ਮਨ ਕਉ ਮਨੁ ਬਾਸੇ ਜਿਉ ਨਿਤ ਭਉਦਿਆ ॥ ਦੁਖਿ ਰੈਣਿ ਵੇ ਵਿਹਾਣੀਆ ਨਿਤ ਆਸਾ ਆਸ ਕਰੇਦਿਆ ॥ ਗੁਰੁ ਪਾਇਆ ਵੇ ਸੰਤ ਜਨੋ ਮਨਿ ਆਸ ਪੂਰੀ ਹਰਿ ਚਉਦਿਆ ॥ ਜਨ ਨਾਨਕ ਪ੍ਰਭ ਦੇਹੁ ਮਤੀ ਛਡਿ ਆਸਾ ਨਿਤ ਸੁਖਿ ਸਉਦਿਆ ॥੨॥ {ਪੰਨਾ 776}

ਪਦ ਅਰਥ :—ਵਸਿ—ਵੱਸ ਵਿਚ । ਵਸਿ ਆਣਿਹੁ—(ਆਪਣੇ) ਵੱਸ ਵਿਚ ਲਿਆਓ । ਕਉ—ਨੂੰ । ਬਾਸਾ—ਬਾਸ਼ਾ, ਇਕ ਸ਼ਿਕਾਰੀ ਪੰਛੀ । ਜਿਉ—ਵਾਂਗ । ਦੁਖਿ—ਦੁੱਖ ਵਿਚ । ਰੈਣਿ—(ਜ਼ਿੰਦਗੀ ਦੀ) ਰਾਤ । ਵਿਹਾਣੀਆ—ਲੰਘਦੀ ਹੈ । ਪਾਇਆ—ਮਿਲਾਪ ਪ੍ਰਾਪਤ ਕਰ ਲਿਆ । ਮਨਿ—ਮਨ ਵਿਚ । ਚਉਦਿਆ—ਉਚਾਰਦਿਆਂ, ਜਪਦਿਆਂ । ਪ੍ਰਭ—ਹੇ ਪ੍ਰਭੂ! ਛਡਿ—ਛੱਡ ਕੇ । ਸੁਖਿ—ਆਨੰਦ ਵਿਚ । ਸਉਦਿਆ—ਲੀਨ ਰਹਿੰਦਾ ਹੈ ।੨।

ਅਰਥ :—ਹੇ ਭਾਈ! (ਆਪਣੇ) ਇਸ ਮਨ ਨੂੰ (ਸਦਾ ਆਪਣੇ) ਵੱਸ ਵਿਚ ਰੱਖੋ । (ਮਨੁੱਖ ਦਾ ਇਹ) ਮਨ ਸਦਾ (ਸ਼ਿਕਾਰੀ ਪੰਛੀ) ਬਾਸ਼ੇ ਵਾਂਗ ਭਟਕਦਾ ਹੈ । ਸਦਾ ਆਸਾਂ ਹੀ ਆਸਾਂ ਬਣਾਂਦਿਆਂ (ਮਨੁੱਖ ਦੀ ਸਾਰੀ ਜ਼ਿੰਦਗੀ ਦੀ) ਰਾਤ ਦੁੱਖ ਵਿਚ ਹੀ ਬੀਤਦੀ ਹੈ ।

ਹੇ ਸੰਤ ਜਨੋ! ਜਿਸ ਮਨੁੱਖ ਨੂੰ ਗੁਰੂ ਮਿਲ ਪਿਆ (ਉਹ ਪਰਮਾਤਮਾ ਦਾ ਨਾਮ ਜਪਣ ਲੱਗ ਪੈਂਦਾ ਹੈ, ਤੇ) ਨਾਮ ਜਪਦਿਆਂ (ਉਸ ਦੇ) ਮਨ ਵਿਚ (ਉੱਠੀ ਹਰਿਨਾਮ ਸਿਮਰਨ ਦੀ) ਆਸ ਪੂਰੀ ਹੋ ਜਾਂਦੀ ਹੈ । ਹੇ ਦਾਸ ਨਾਨਕ! (ਪ੍ਰਭੂ ਦੇ ਦਰ ਤੇ ਅਰਦਾਸ ਕਰਿਆ ਕਰ ਤੇ ਆਖ—) ਹੇ ਪ੍ਰਭੂ! (ਮੈਨੂੰ ਭੀ ਆਪਣਾ ਨਾਮ ਜਪਣ ਦੀ) ਸੂਝ ਬਖ਼ਸ਼ (ਜਿਹੜਾ ਮਨੁੱਖ ਨਾਮ ਜਪਦਾ ਹੈ, ਉਹ ਦੁਨੀਆ ਵਾਲੀਆਂ) ਆਸਾਂ ਛੱਡ ਕੇ ਆਤਮਕ ਆਨੰਦ ਵਿਚ ਲੀਨ ਰਹਿੰਦਾ ਹੈ ।੨।

ਸਾਧਨ ਆਸਾ ਚਿਤਿ ਕਰੇ ਰਾਮ ਰਾਜਿਆ ਹਰਿ ਪ੍ਰਭ ਸੇਜੜੀਐ ਆਈ ॥ ਮੇਰਾ ਠਾਕੁਰੁ ਅਗਮ ਦਇਆਲੁ ਹੈ ਰਾਮ ਰਾਜਿਆ ਕਰਿ ਕਿਰਪਾ ਲੇਹੁ ਮਿਲਾਈ ॥ ਮੇਰੈ ਮਨਿ ਤਨਿ ਲੋਚਾ ਗੁਰਮੁਖੇ ਰਾਮ ਰਾਜਿਆ ਹਰਿ ਸਰਧਾ ਸੇਜ ਵਿਛਾਈ ॥ ਜਨ ਨਾਨਕ ਹਰਿ ਪ੍ਰਭ ਭਾਣੀਆ ਰਾਮ ਰਾਜਿਆ ਮਿਲਿਆ ਸਹਜਿ ਸੁਭਾਈ ॥੩॥ {ਪੰਨਾ 776-777}

ਪਦ ਅਰਥ :—ਸਾਧਨ—ਜੀਵ-ਇਸਤ੍ਰੀ । ਚਿਤਿ—ਚਿੱਤ ਵਿਚ । ਰਾਮ ਰਾਜਿਆ—ਹੇ ਪ੍ਰਭੂ-ਪਾਤਿਸ਼ਾਹ! ਹਰਿ—ਹੇ ਹਰੀ! ਪ੍ਰਭ—ਹੇ ਪ੍ਰਭੂ! ਸੇਜੜੀਐ—ਸੋਹਣੀ ਸੇਜ ਉੱਤੇ, (ਮੇਰੇ ਹਿਰਦੇ ਦੀ) ਸੋਹਣੀ ਸੇਜ ਉੱਤੇ । ਠਾਕੁਰ—ਮਾਲਕ । ਅਗਮ—ਅਪਹੁੰਚ । ਦਇਆਲੁ—ਦਇਆ ਦਾ ਘਰ । ਕਰਿ—ਕਰ ਕੇ । ਮੇਰੈ ਮਨਿ—ਮੇਰੇ ਮਨ ਵਿਚ । ਮੇਰੈ ਤਨਿ—ਮੇਰੇ ਤਨ ਵਿਚ । ਲੋਚਾ—ਤਾਂਘ । ਗੁਰਮੁਖੇ—ਗੁਰੂ ਦੀ ਸਰਨ ਪੈ ਕੇ । ਸਰਧਾ ਸੇਜ—ਸਰਧਾ ਦੀ ਸੇਜ । ਪ੍ਰਭ ਭਾਣੀਆ—ਪ੍ਰਭੂ ਨੂੰ ਚੰਗੀ ਲੱਗਦੀ ਹੈ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਈ—ਪ੍ਰੇਮ ਵਿਚ (ਟਿਕੀ ਨੂੰ) ।੩।

ਅਰਥ :—ਹੇ ਭਾਈ! (ਗੁਰੂ ਦੀ ਸਰਨ ਪਈ ਰਹਿਣ ਵਾਲੀ) ਜੀਵ-ਇਸਤ੍ਰੀ (ਆਪਣੇ) ਚਿੱਤ ਵਿਚ (ਨਿੱਤ ਪ੍ਰਭੂ-ਪਤੀ ਦੇ ਮਿਲਾਪ ਦੀ) ਆਸ ਕਰਦੀ ਰਹਿੰਦੀ ਹੈ (ਤੇ ਆਖਦੀ ਹੈ—) ਹੇ ਪ੍ਰਭੂ-ਪਾਤਿਸ਼ਾਹ! ਹੇ ਹਰੀ! ਹੇ ਪ੍ਰਭੂ! (ਮੇਰੇ ਹਿਰਦੇ ਦੀ) ਸੋਹਣੀ ਸੇਜ ਉੱਤੇ ਆ (ਵੱਸ) । ਹੇ ਪ੍ਰਭੂ-ਪਾਤਿਸ਼ਾਹ! ਤੂੰ ਮੇਰਾ ਮਾਲਕ ਹੈਂ, ਤੂੰ ਦਇਆ ਦਾ ਸੋਮਾ ਹੈਂ, (ਪਰ ਤੂੰ ਮੇਰੇ ਲਈ) ਅਪਹੁੰਚ ਹੈਂ (ਤੂੰ ਆਪ ਹੀ) ਮਿਹਰ ਕਰ ਕੇ (ਮੈਨੂੰ ਆਪਣੇ ਚਰਨਾਂ ਵਿਚ) ਮਿਲਾ ਲੈ । ਹੇ ਪ੍ਰਭੂ-ਪਾਤਿਸ਼ਾਹ! ਗੁਰੂ ਦੀ ਸਰਨ ਪੈ ਕੇ ਮੇਰੇ ਮਨ ਵਿਚ, ਮੇਰੇ ਤਨ ਵਿਚ (ਤੇਰੇ ਮਿਲਾਪ ਦੀ) ਤਾਂਘ ਪੈਦਾ ਹੋ ਚੁਕੀ ਹੈ । ਹੇ ਹਰੀ! ਮੈਂ ਸਰਧਾ ਦੀ ਸੇਜ ਵਿਛਾ ਰੱਖੀ ਹੈ ।

ਹੇ ਦਾਸ ਨਾਨਕ! (ਆਖ—) ਹੇ ਪ੍ਰਭੂ-ਪਾਤਿਸ਼ਾਹ! ਹੇ ਹਰੀ! ਜਿਹੜੀ ਜੀਵ-ਇਸਤ੍ਰੀ ਤੈਨੂੰ ਪਿਆਰੀ ਲੱਗ ਜਾਂਦੀ ਹੈ, ਤੂੰ ਉਸ ਨੂੰ ਆਤਮਕ ਅਡੋਲਤਾ ਵਿਚ ਟਿਕੀ ਨੂੰ ਪ੍ਰੇਮ ਵਿਚ ਟਿਕੀ ਨੂੰ ਮਿਲ ਪੈਂਦਾ ਹੈਂ ।੩।

ਇਕਤੁ ਸੇਜੈ ਹਰਿ ਪ੍ਰਭੋ ਰਾਮ ਰਾਜਿਆ ਗੁਰੁ ਦਸੇ ਹਰਿ ਮੇਲੇਈ ॥ ਮੈ ਮਨਿ ਤਨਿ ਪ੍ਰੇਮ ਬੈਰਾਗੁ ਹੈ ਰਾਮ ਰਾਜਿਆ ਗੁਰੁ ਮੇਲੇ ਕਿਰਪਾ ਕਰੇਈ ॥ ਹਉ ਗੁਰ ਵਿਟਹੁ ਘੋਲਿ ਘੁਮਾਇਆ ਰਾਮ ਰਾਜਿਆ ਜੀਉ ਸਤਿਗੁਰ ਆਗੈ ਦੇਈ ॥ ਗੁਰੁ ਤੁਠਾ ਜੀਉ ਰਾਮ ਰਾਜਿਆ ਜਨ ਨਾਨਕ ਹਰਿ ਮੇਲੇਈ ॥੪॥੨॥੬॥੫॥੭॥੬॥੧੮॥ {ਪੰਨਾ 777}

ਪਦ ਅਰਥ :—ਇਕਤੁ—{ਲਫ਼ਜ਼ 'ਇਕਸੁ' ਤੋਂ ਅਧਿਕਰਣ ਕਾਰਕ ਇਕ-ਵਚਨ} ਇੱਕ ਉੱਤੇ ਹੀ । ਇਕਤੁ ਸੇਜੈ—ਇੱਕੋ ਹਿਰਦਾ-ਸੇਜ ਉੱਤੇ । ਹਰਿ ਪ੍ਰਭੋ—ਹਰਿ ਪ੍ਰਭੂ (ਵੱਸਦਾ ਹੈ) । ਦਸੇ—ਦੱਸੇ, ਦੱਸ ਪਾਂਦਾ ਹੈ । ਮੇਲੇਈ—ਮਿਲਾ ਦੇਂਦਾ ਹੈ । ਮੈ ਮਨਿ—ਮੇਰੇ ਮਨ ਵਿਚ । ਮੈ ਤਨਿ—ਮੇਰੇ ਤਨ ਵਿਚ । ਬੈਰਾਗੁ—ਤੀਬਰ ਤਾਂਘ । ਕਰੇਈ—ਕਰਦਾ ਹੈ । ਹਉ—ਹਉਂ, ਮੈਂ । ਵਿਟਹੁ—ਤੋਂ । ਘੋਲਿ ਘੁਮਾਇਆ—ਸਦਕੇ ਕੁਰਬਾਨ ਜਾਂਦਾ ਹਾਂ । ਜੀਉ—ਜਿੰਦ । ਦੇਈ—ਦੇਈਂ, ਮੈਂ ਦੇਂਦਾ ਹਾਂ । ਤੁਠਾ—ਪ੍ਰਸੰਨ ਹੋਇਆ ਹੋਇਆ । ਜੀਉ ਰਾਮ ਰਾਜਿਆ—ਹੇ ਪ੍ਰਭੂ-ਪਾਤਿਸ਼ਾਹ ਜੀ! ।੪।

ਨੋਟ :—ਲਫ਼ਜ਼ 'ਰਾਮ ਰਾਜਿਆ' ਛੰਤ ਦੀ ਟੇਕ ਵਾਸਤੇ ਹੀ ਹੈ ।

ਅਰਥ :—ਹੇ ਭਾਈ! (ਜੀਵ-ਇਸਤ੍ਰੀ ਦੀ) ਇੱਕੋ ਹੀ (ਹਿਰਦਾ-) ਸੇਜ ਉੱਤੇ ਹਰੀ ਪ੍ਰਭੂ (ਵੱਸਦਾ ਹੈ), (ਜਿਸ ਜੀਵ-ਇਸਤ੍ਰੀ ਨੂੰ) ਗੁਰੂ ਦੱਸ ਪਾਂਦਾ ਹੈ, ਉਸ ਨੂੰ ਹਰੀ ਨਾਲ ਮਿਲਾ ਦੇਂਦਾ ਹੈ । ਮੇਰੇ ਮਨ ਵਿਚ ਮੇਰੇ ਹਿਰਦੇ ਵਿਚ (ਪ੍ਰਭੂ ਦੇ ਮਿਲਾਪ ਲਈ) ਖਿੱਚ ਹੈ ਤਾਂਘ ਹੈ (ਪਰ ਜਿਸ ਜੀਵ ਇਸਤ੍ਰੀ ਉੱਤੇ) ਗੁਰੂ ਮਿਹਰ ਕਰਦਾ ਹੈ, ਉਸ ਨੂੰ (ਪ੍ਰਭੂ ਨਾਲ) ਮਿਲਾਂਦਾ ਹੈ ।

ਹੇ ਭਾਈ! ਮੈਂ ਗੁਰੂ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਮੈਂ (ਆਪਣੀ) ਜਿੰਦ ਗੁਰੂ ਅੱਗੇ ਭੇਟ ਧਰਦਾ ਹਾਂ । ਹੇ ਦਾਸ ਨਾਨਕ! (ਆਖ—) ਜਿਸ ਉੱਤੇ ਗੁਰੂ ਦਇਆਵਾਨ ਹੁੰਦਾ ਹੈ, ਉਸ ਨੂੰ ਹਰਿ-ਪ੍ਰਭੂ ਨਾਲ ਮਿਲਾ ਦੇਂਦਾ ਹੈ ।੪।੨।੬।੧੮।

ਅੰਕਾਂ ਦਾ ਵੇਰਵਾ :—
ਮ: ੧ — ੫
ਮ: ੩ — ੭
ਮ: ੪ — ੬
. . . . ——
ਜੋੜ . . ੧੮

ਰਾਗੁ ਸੂਹੀ ਛੰਤ ਮਹਲਾ ੫ ਘਰੁ ੧
ੴ ਸਤਿਗੁਰ ਪ੍ਰਸਾਦਿ ॥ ਸੁਣਿ ਬਾਵਰੇ ਤੂ ਕਾਏ ਦੇਖਿ ਭੁਲਾਨਾ ॥ ਸੁਣਿ ਬਾਵਰੇ ਨੇਹੁ ਕੂੜਾ ਲਾਇਓ ਕੁਸੰਭ ਰੰਗਾਨਾ ॥ ਕੂੜੀ ਡੇਖਿ ਭੁਲੋ ਅਢੁ ਲਹੈ ਨ ਮੁਲੋ ਗੋਵਿਦ ਨਾਮੁ ਮਜੀਠਾ ॥ ਥੀਵਹਿ ਲਾਲਾ ਅਤਿ ਗੁਲਾਲਾ ਸਬਦੁ ਚੀਨਿ੍ ਗੁਰ ਮੀਠਾ ॥ ਮਿਥਿਆ ਮੋਹਿ ਮਗਨੁ ਥੀ ਰਹਿਆ ਝੂਠ ਸੰਗਿ ਲਪਟਾਨਾ ॥ ਨਾਨਕ ਦੀਨ ਸਰਣਿ ਕਿਰਪਾ ਨਿਧਿ ਰਾਖੁ ਲਾਜ ਭਗਤਾਨਾ ॥੧॥ {ਪੰਨਾ ੭੭੭}

ਪਦ ਅਰਥ :—ਬਾਵਰੇ—(ਮਾਇਆ ਦੇ ਮੋਹ ਵਿਚ) ਝੱਲੇ ਹੋ ਰਹੇ ਹੇ ਮਨੁੱਖ! ਕਾਏ—ਕਿਉਂ? ਦੇਖਿ—(ਇਸ ਮਾਇਆ ਨੂੰ) ਵੇਖ ਕੇ । ਭੁਲਾਨਾ-(ਜੀਵਨ-ਰਾਹ ਤੋਂ) ਖੁੰਝ ਗਿਆ ਹੈਂ । ਕੂੜਾ—ਝੂਠਾ, ਨਾਹ ਨਿਭ ਸਕਣ ਵਾਲਾ । ਕੁਸੰਭ ਰੰਗਾਨਾ—ਕਸੁੰਭੇ ਫੁੱਲ ਦੇ ਰੰਗ । ਕੂੜੀ—ਨਾਸਵੰਤ । ਡੇਖਿ—ਦੇਖ ਕੇ । ਅਢੁ—ਅੱਧੀ ਕੌਡੀ । ਥੀਵਹਿ—ਤੂੰ ਹੋ ਜਾਹਿਂਗਾ । ਲਾਲਾ—ਇਕ ਫੁੱਲ ਦਾ ਨਾਮ । ਚੀਨਿ੍—ਪਛਾਣ ਕੇ । ਮਿਥਿਆ—ਨਾਸਵੰਤ ਪਦਾਰਥ । ਮੋਹਿ—ਮੋਹ ਵਿਚ । ਮਗਨੁ—ਮਸਤ । ਸੰਗਿ—ਨਾਲ । ਦੀਨ—ਗ਼ਰੀਬੀ । ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਲਾਜ-ਇੱਜ਼ਤ ।੧।

ਅਰਥ :—(ਮਾਇਆ ਦੇ ਮੋਹ ਵਿਚ) ਝੱਲੇ ਹੋ ਰਹੇ ਹੇ ਮਨੁੱਖ! (ਜੋ ਕੁਝ ਮੈਂ ਕਹਿ ਰਿਹਾ ਹਾਂ, ਇਸ ਨੂੰ ਧਿਆਨ ਨਾਲ) ਸੁਣ । ਤੂੰ (ਮਾਇਆ ਨੂੰ) ਵੇਖ ਕੇ ਕਿਉਂ (ਜੀਵਨ-ਰਾਹ ਤੋਂ) ਖੁੰਝ ਰਿਹਾ ਹੈਂ! ਹੇ ਬਾਵਰੇ! ਸੁਣ, (ਇਹ ਮਾਇਆ) ਕਸੁੰਭੇ ਦੇ ਰੰਗ (ਵਰਗੀ ਹੈ, ਤੂੰ ਇਸ ਨਾਲ) ਪਿਆਰ ਪਾਇਆ ਹੋਇਆ ਹੈ ਜੋ ਸਦਾ ਨਿਭਣ ਵਾਲਾ ਨਹੀਂ । ਤੂੰ (ਉਸ) ਨਾਸਵੰਤ (ਮਾਇਆ) ਨੂੰ ਵੇਖ ਕੇ ਜੀਵਨ-ਰਾਹ ਤੋਂ ਖੁੰਝ ਰਿਹਾ ਹੈਂ, (ਜਿਹੜੀ ਆਖ਼ਰ) ਅੱਧੀ ਕੌਡੀ ਮੁੱਲ ਭੀ ਨਹੀਂ ਵੱਟ ਸਕਦੀ । ਹੇ ਭਾਈ! ਪਰਮਾਤਮਾ ਦਾ ਨਾਮ ਹੀ ਮਜੀਠ ਦੇ ਪੱਕੇ ਰੰਗ ਵਾਂਗ ਸਦਾ ਸਾਥ ਨਿਬਾਹੁਣ ਵਾਲਾ) ਹੈ । ਜੇ ਤੂੰ ਗੁਰੂ ਦੇ ਮਿੱਠੇ ਸ਼ਬਦ ਨਾਲ ਡੂੰਘੀ ਸਾਂਝ ਪਾ ਕੇ (ਪਰਮਾਤਮਾ ਦਾ ਨਾਮ ਜਪਦਾ ਰਹੇਂ, ਤਾਂ) ਤੂੰ ਸੋਹਣੇ ਗੂੜ੍ਹੇ ਰੰਗ ਵਾਲੇ ਲਾਲ ਫੁੱਲ ਬਣ ਜਾਹਿਂਗਾ । ਪਰ ਤੂੰ ਤਾਂ ਨਾਸਵੰਤ (ਮਾਇਆ) ਦੇ ਮੋਹ ਵਿਚ ਮਸਤ ਹੋ ਰਿਹਾ ਹੈਂ, ਤੂੰ ਉਹਨਾਂ ਪਦਾਰਥਾਂ ਨਾਲ ਚੰਬੜ ਰਿਹਾ ਹੈਂ ਜਿਨ੍ਹਾਂ ਨਾਲ ਤੇਰਾ ਸਾਥ ਨਹੀਂ ਨਿਭਣਾ ।

ਹੇ ਨਾਨਕ! (ਆਖ—) ਹੇ ਦਇਆ ਦੇ ਖ਼ਜ਼ਾਨੇ ਪ੍ਰਭੂ! (ਮੈਂ) ਗਰੀਬ (ਤੇਰੀ) ਸਰਨ (ਆਇਆ ਹਾਂ ਮੇਰੀ) ਲਾਜ ਰੱਖ, (ਜਿਵੇਂ) ਤੂੰ ਆਪਣੇ ਭਗਤਾਂ ਦੀ (ਲਾਜ ਰੱਖਦਾ ਆਇਆ ਹੈਂ) ।੧।

ਸੁਣਿ ਬਾਵਰੇ ਸੇਵਿ ਠਾਕੁਰੁ ਨਾਥੁ ਪਰਾਣਾ ॥ ਸੁਣਿ ਬਾਵਰੇ ਜੋ ਆਇਆ ਤਿਸੁ ਜਾਣਾ ॥ ਨਿਹਚਲੁ ਹਭ ਵੈਸੀ ਸੁਣਿ ਪਰਦੇਸੀ ਸੰਤ ਸੰਗਿ ਮਿਲਿ ਰਹੀਐ ॥ ਹਰਿ ਪਾਈਐ ਭਾਗੀ ਸੁਣਿ ਬੈਰਾਗੀ ਚਰਣ ਪ੍ਰਭੂ ਗਹਿ ਰਹੀਐ ॥ ਏਹੁ ਮਨੁ ਦੀਜੈ ਸੰਕ ਨ ਕੀਜੈ ਗੁਰਮੁਖਿ ਤਜਿ ਬਹੁ ਮਾਣਾ ॥ ਨਾਨਕ ਦੀਨ ਭਗਤ ਭਵ ਤਾਰਣ ਤੇਰੇ ਕਿਆ ਗੁਣ ਆਖਿ ਵਖਾਣਾ ॥੨॥ {ਪੰਨਾ ੭੭੭}

ਪਦ ਅਰਥ :—ਸੇਵਿ—ਸੇਵਾ-ਭਗਤੀ ਕਰ । ਨਾਥੁ ਪਰਾਣਾ—ਪ੍ਰਾਣਾਂ ਦਾ ਨਾਥ, ਜਿੰਦ ਦਾ ਮਾਲਕ । ਤਿਸੁ ਜਾਣਾ—ਉਸ ਨੂੰ (ਇਥੋਂ) ਜਾਣਾ (ਭੀ ਪਏਗਾ) । ਹਭ—ਸਾਰੀ ਲੁਕਾਈ, ਸਾਰੀ ਸ੍ਰਿਸ਼ਟੀ । ਨਿਹਚਲੁ—ਅਟੱਲ । ਵੈਸੀ—ਚਲੀ ਜਾਇਗੀ । ਪਰਦੇਸੀ—ਹੇ ਪਰਾਏ ਦੇਸ ਵਿਚ ਆਏ ਜੀਵ! ਸੰਗਿ—ਸੰਗਤਿ ਵਿਚ । ਮਿਲਿ ਰਹੀਐ—ਮਿਲ ਕੇ ਰਹਿਣਾ ਚਾਹੀਦਾ ਹੈ, (ਪ੍ਰਭੂ ਦੀ ਯਾਦ ਵਿਚ) ਮਿਲੇ ਰਹਿਣਾ ਚਾਹੀਦਾ ਹੈ । ਪਾਈਐ—ਮਿਲਦਾ ਹੈ । ਬੈਰਾਗੀ—(ਮਾਇਆ ਦੇ ਮੋਹ ਵਲੋਂ) ਉਪਰਾਮ (ਰਹਿ ਕੇ) । ਗਹਿ—ਫੜ ਕੇ । ਰਹੀਐ—ਟਿਕੇ ਰਹਿਣਾ ਚਾਹੀਦਾ ਹੈ । ਦੀਜੈ—ਭੇਟ ਕਰ ਦੇਹ । ਸੰਕ—ਸ਼ੰਕਾ, ਝਿਝਕ । ਨ ਕੀਜੈ—ਨਹੀਂ ਕਰਨੀ ਚਾਹੀਦੀ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਮਾਣਾ—ਅਹੰਕਾਰ । ਭਵ—ਸੰਸਾਰ-ਸਮੁੰਦਰ । ਆਖਿ—ਆਖ ਕੇ । ਵਖਾਣਾ—ਮੈਂ ਦੱਸਾਂ ।੨।

ਅਰਥ :—ਹੇ ਬਾਵਰੇ! ਸੁਣ; ਜਿੰਦ ਦੇ ਮਾਲਕ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰ । ਹੇ ਝੱਲੇ! ਸੁਣ, (ਇਥੇ ਸਦਾ ਕਿਸੇ ਨਹੀਂ ਬੈਠ ਰਹਿਣਾ) ਜਿਹੜਾ (ਜੀਵ ਜਗਤ ਵਿਚ) ਆਇਆ ਹੈ ਉਸ ਨੂੰ (ਇਥੋਂ) ਜਾਣਾ ਭੀ ਪਏਗਾ ।

ਹੇ ਪਰਾਏ ਦੇਸ ਵਿਚ ਆਏ ਜੀਵ! ਸੁਣ, (ਜਿਸ ਜਗਤ ਨੂੰ ਤੂੰ) ਅਟੱਲ (ਸਮਝ ਰਿਹਾ ਹੈਂ, ਇਹ) ਸਾਰੀ ਸ੍ਰਿਸ਼ਟੀ ਨਾਸ ਹੋ ਜਾਇਗੀ । ਹੇ ਪਰਦੇਸੀ! ਸਾਧ ਸੰਗਤਿ ਵਿਚ (ਟਿਕ ਕੇ) ਪ੍ਰਭੂ-ਚਰਨਾਂ ਵਿਚ ਜੁੜੇ ਰਹਿਣਾ ਚਾਹੀਦਾ ਹੈ । ਹੇ ਭਾਈ! ਸੁਣ, (ਮਾਇਆ ਦੇ ਮੋਹ ਵਲੋਂ) ਉਪਰਾਮ (ਹੋ ਕੇ ਹੀ) ਚੰਗੀ ਕਿਸਮਤ ਨਾਲ ਪ੍ਰਭੂ ਨੂੰ ਮਿਲ ਸਕੀਦਾ ਹੈ, (ਇਸ ਵਾਸਤੇ) ਪ੍ਰਭੂ ਦੇ ਚਰਨਾਂ ਨੂੰ ਚੰਗੀ ਤਰ੍ਹਾਂ ਫੜ ਰੱਖਣਾ ਚਾਹੀਦਾ ਹੈ ।

ਹੇ ਭਾਈ! ਇਹ ਮਨ ਗੁਰੂ ਦੇ ਹਵਾਲੇ ਕਰ, (ਇਸ ਵਿਚ ਰਤਾ ਭਰ ਭੀ) ਝਿਝਕਣਾ ਨਹੀਂ ਚਾਹੀਦਾ । ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ ।

ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ—) ਹੇ (ਸਰਨ ਪਏ) ਗਰੀਬਾਂ ਨੂੰ ਅਤੇ ਭਗਤਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ! (ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਮੈਂ ਤੇਰੇ ਕਿਹੜੇ ਕਿਹੜੇ ਗੁਣ ਆਖ ਕੇ ਦੱਸ ਸਕਦਾ ਹਾਂ? ।੨।

ਸੁਣਿ ਬਾਵਰੇ ਕਿਆ ਕੀਚੈ ਕੂੜਾ ਮਾਨੋ ॥ ਸੁਣਿ ਬਾਵਰੇ ਹਭੁ ਵੈਸੀ ਗਰਬੁ ਗੁਮਾਨੋ ॥ ਨਿਹਚਲੁ ਹਭ ਜਾਣਾ ਮਿਥਿਆ ਮਾਣਾ ਸੰਤ ਪ੍ਰਭੂ ਹੋਇ ਦਾਸਾ ॥ ਜੀਵਤ ਮਰੀਐ ਭਉਜਲੁ ਤਰੀਐ ਜੇ ਥੀਵੈ ਕਰਮਿ ਲਿਖਿਆਸਾ ॥ ਗੁਰੁ ਸੇਵੀਜੈ ਅੰਮ੍ਰਿਤੁ ਪੀਜੈ ਜਿਸੁ ਲਾਵਹਿ ਸਹਜਿ ਧਿਆਨੋ ॥ ਨਾਨਕੁ ਸਰਣਿ ਪਇਆ ਹਰਿ ਦੁਆਰੈ ਹਉ ਬਲਿ ਬਲਿ ਸਦ ਕੁਰਬਾਨੋ ॥੩॥ {ਪੰਨਾ ੭੭੭}

ਪਦ ਅਰਥ :—ਕਿਆ ਕੀਚੈ—ਨਹੀਂ ਕਰਨਾ ਚਾਹੀਦਾ । ਕੂੜਾ—ਝੂਠਾ । ਮਾਨੋ—ਅਹੰਕਾਰ । ਹਭੁ—ਸਾਰਾ । ਗਰਬੁ—ਮਾਣ । ਨਿਹਚਲੁ—ਅਟੱਲ । ਹਭ—ਸਾਰੀ ਸ੍ਰਿਸ਼ਟੀ । ਮਿਥਿਆ—ਝੂਠਾ । ਹੋਇ—ਬਣਿਆ ਰਹੁ । ਜੀਵਤ ਮਰੀਐ—ਜੇ ਜੀਊਂਦੇ ਮਰੇ ਰਹੀਏ, ਜੇ ਸਦਾ ਆਪਾ-ਭਾਵ ਦੂਰ ਕਰੀ ਰੱਖੀਏ । ਭਉਜਲੁ—ਸੰਸਾਰ-ਸਮੁੰਦਰ । ਥੀਵੈ—ਹੋਵੇ । ਕਰਮਿ—(ਪ੍ਰਭੂ ਦੀ) ਮਿਹਰ ਨਾਲ । ਸੇਵੀਜੈ—ਸਰਨ ਪੈਣਾ ਚਾਹੀਦਾ ਹੈ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਪੀਜੈ—ਪੀਣਾ ਚਾਹੀਦਾ ਹੈ । ਲਾਵਹਿ—(ਹੇ ਪ੍ਰਭੂ!) ਤੂੰ ਜੋੜਦਾ ਹੈਂ । ਸਹਜਿ—ਆਤਮਕ ਅਡੋਲਤਾ ਵਿਚ । ਜਿਸੁ ਧਿਆਨੋ—ਜਿਸ ਦੀ ਸੁਰਤਿ । ਹਰਿ ਦੁਆਰੈ—ਹਰੀ ਦੇ ਦਰ ਤੇ । ਹਉ—ਮੈਂ, ਹਉਂ । ਸਦ—ਸਦਾ ।੩।

ਅਰਥ :—ਹੇ ਭਾਵਰੇ! (ਨਾਸਵੰਤ ਪਦਾਰਥਾਂ ਦਾ) ਝੂਠਾ ਅਹੰਕਾਰ ਨਹੀਂ ਕਰਨਾ ਚਾਹੀਦਾ । ਹੇ ਬਾਵਰੇ! ਸੁਣ, (ਪਦਾਰਥਾਂ ਨਾਲੋਂ ਸੰਬੰਧ ਟੁੱਟਿਆਂ ਇਹ) ਸਾਰਾ ਮਾਣ ਤੇ ਗੁਮਾਨ ਭੀ ਮੁੱਕ ਜਾਇਗਾ । ਹੇ ਭਾਈ! ਜਿਸ ਜਗਤ ਨੂੰ ਸਦਾ-ਥਿਰ ਸਮਝਦਾ ਹੈਂ, ਇਹ ਸਾਰੀ ਸ੍ਰਿਸ਼ਟੀ ਚਲੀ ਜਾਣ ਵਾਲੀ ਹੈ, ਇਸ ਦਾ ਮਾਣ ਕਰਨਾ ਝੂਠਾ ਕਰਮ ਹੈ । (ਇਥੇ) ਗੁਰੂ ਦਾ ਪ੍ਰਭੂ ਦਾ ਦਾਸ ਬਣੇ ਰਹਿਣਾ ਚਾਹੀਦਾ ਹੈ । ਜੇ ਸਦਾ ਆਪਾ-ਭਾਵ ਦੂਰ ਕਰੀ ਰੱਖੀਏ, ਤਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, (ਪਰ ਇਹ ਤਦੋਂ ਹੀ ਹੋ ਸਕਦਾ ਹੈ,) ਜੇ (ਪਰਮਾਤਮਾ ਦੀ) ਮਿਹਰ ਨਾਲ (ਮੱਥੇ ਉਤੇ ਲੇਖ) ਲਿਖਿਆ ਹੋਇਆ ਹੋਵੇ । ਹੇ ਭਾਈ! ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ (ਗੁਰੂ ਪਾਸੋਂ ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਸਕੀਦਾ ਹੈ । (ਪਰ, ਹੇ ਪ੍ਰਭੂ! ਉਹੀ ਮਨੁੱਖ ਤੇਰਾ ਨਾਮ-ਅੰਮ੍ਰਿਤ ਪੀਂਦਾ ਹੈ,) ਜਿਸ ਦੀ ਸੁਰਤਿ ਤੂੰ ਆਤਮਕ ਅਡੋਲਤਾ ਵਿਚ ਟਿਕਾਂਦਾ ਹੈਂ ।

ਹੇ ਹਰੀ! (ਤੇਰਾ ਦਾਸ) ਨਾਨਕ ਤੇਰੇ ਦਰ ਤੇ ਤੇਰੀ ਸਰਨ ਆ ਪਿਆ ਹੈ । ਮੈਂ (ਤੈਥੋਂ) ਸਦਾ ਸਦਾ ਕੁਰਬਾਨ ਜਾਂਦਾ ਹਾਂ, ਸਦਕੇ ਜਾਂਦਾ ਹਾਂ ।੩।

ਸੁਣਿ ਬਾਵਰੇ ਮਤੁ ਜਾਣਹਿ ਪ੍ਰਭੁ ਮੈ ਪਾਇਆ ॥ ਸੁਣਿ ਬਾਵਰੇ ਥੀਉ ਰੇਣੁ ਜਿਨੀ ਪ੍ਰਭੁ ਧਿਆਇਆ ॥ ਜਿਨਿ ਪ੍ਰਭੁ ਧਿਆਇਆ ਤਿਨਿ ਸੁਖੁ ਪਾਇਆ ਵਡਭਾਗੀ ਦਰਸਨੁ ਪਾਈਐ ॥ ਥੀਉ ਨਿਮਾਣਾ ਸਦ ਕੁਰਬਾਣਾ ਸਗਲਾ ਆਪੁ ਮਿਟਾਈਐ ॥ ਓਹੁ ਧਨੁ ਭਾਗ ਸੁਧਾ ਜਿਨਿ ਪ੍ਰਭੁ ਲਧਾ ਹਮ ਤਿਸੁ ਪਹਿ ਆਪੁ ਵੇਚਾਇਆ ॥ ਨਾਨਕ ਦੀਨ ਸਰਣਿ ਸੁਖ ਸਾਗਰ ਰਾਖੁ ਲਾਜ ਅਪਨਾਇਆ ॥੪॥੧॥ {ਪੰਨਾ ੭੭੭}

ਪਦ ਅਰਥ :—ਮਤੁ ਜਾਣਹਿ—ਮਤਾਂ ਤੂੰ ਇਹ ਖ਼ਿਆਲ ਕਰੇਂ । ਪਾਇਆ—ਲੱਭ ਲਿਆ ਹੈ । ਥੀਉ—ਹੋ ਜਾ । ਰੇਣੁ—ਚਰਨ-ਧੂੜ । ਜਿਨਿ—ਜਿਸ (ਮਨੁੱਖ) ਨੇ । ਤਿਨਿ—ਉਸ ਨੇ । ਪਾਈਐ—ਪ੍ਰਾਪਤ ਹੁੰਦਾ ਹੈ । ਸਦ—ਸਦਾ । ਆਪੁ—ਆਪਾ-ਭਾਵ । ਧਨੁ—{ਧੰਞ} ਸਲਾਹੁਣ-ਜੋਗ । ਭਾਗ ਸੁਧਾ—ਸੁੱਧ ਭਾਗ, ਚੰਗੇ ਭਾਗ । ਲਧਾ—ਲੱਧਾ, ਲੱਭ ਲਿਆ । ਹਮ—ਮੈਂ । ਆਪੁ—ਆਪਣਾ ਆਪ । ਪਹਿ—ਪਾਸ, ਕੋਲ । ਸੁਖ ਸਾਗਰ—ਹੇ ਸੁਖਾਂ ਦੇ ਸਮੁੰਦਰ! ਅਪਨਾਇਆ—ਆਪਣੇ (ਸੇਵਕ) ਦੀ ।੪।

ਅਰਥ :—ਹੇ (ਮਾਇਆ ਦੇ ਮੋਹ ਵਿਚ) ਝੱਲੇ (ਹੋ ਰਹੇ) ਮਨੁੱਖ (ਜੋ ਕੁਝ ਮੈਂ ਕਹਿ ਰਿਹਾ ਹਾਂ, ਧਿਆਨ ਨਾਲ) ਸੁਣ । ਇਹ ਨਾਹ ਸਮਝ ਕਿ (ਮਾਇਆ ਦੇ ਮਾਣ ਵਿਚ ਰਹਿ ਕੇ ਭੀ) ਮੈਂ (ਭਾਵ, ਤੂੰ) ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ਹੈ । ਹੇ ਬਾਵਰੇ! ਸੁਣ, ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ, (ਉਹਨਾਂ ਦੇ) ਚਰਨਾਂ ਦੀ ਧੂੜ ਬਣਿਆ ਰਹੁ (ਤਾਂ ਹੀ ਪ੍ਰਭੂ-ਮਿਲਾਪ ਹੁੰਦਾ ਹੈ) ।

ਹੇ ਭਾਈ! ਜਿਸ (ਮਨੁੱਖ) ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਸ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ । ਵੱਡੇ ਭਾਗਾਂ ਨਾਲ (ਪਰਮਾਤਮਾ ਦਾ) ਦਰਸਨ ਹੁੰਦਾ ਹੈ । ਗਰੀਬੀ ਸੁਭਾਉ ਵਾਲਾ ਬਣਿਆ ਰਿਹਾ ਕਰ, (ਜਿਨ੍ਹਾਂ ਪ੍ਰਭੂ ਦਾ ਸਿਮਰਨ ਕੀਤਾ ਹੈ, ਉਹਨਾਂ ਤੋਂ) ਸਦਾ ਸਦਕੇ ਹੋਇਆ ਕਰ । ਹੇ ਭਾਈ! ਆਪਾ-ਭਾਵ ਚੰਗੀ ਤਰ੍ਹਾਂ ਦੂਰ ਕਰ ਦੇਣਾ ਚਾਹੀਦਾ ਹੈ ।

ਹੇ ਭਾਈ! ਜਿਸ (ਮਨੁੱਖ) ਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ, ਉਹ ਸਲਾਹੁਣ-ਜੋਗ ਹੋ ਗਿਆ, ਉਸ ਦੇ ਚੰਗੇ ਭਾਗ ਹੋ ਗਏ । ਮੈਂ ਤਾਂ ਆਪਣਾ ਆਪ ਅਜਿਹੇ ਮਨੁੱਖ ਅੱਗੇ ਭੇਟ ਕਰ ਦਿੱਤਾ ਹੈ ।

ਹੇ ਨਾਨਕ! (ਆਖ—) ਹੇ ਗਰੀਬਾਂ ਦੀ ਸਹਾਇਤਾ ਕਰਨ ਵਾਲੇ! ਹੇ ਸੁਖਾਂ ਦੇ ਸਮੁੰਦਰ! (ਮੈਂ ਤੇਰੀ ਸਰਨ ਆਇਆ ਹਾਂ) ਆਪਣੇ ਸੇਵਕ ਦੀ ਲਾਜ ਰੱਖ ।੪।੧।

ਸੂਹੀ ਮਹਲਾ ੫ ॥ ਹਰਿ ਚਰਣ ਕਮਲ ਕੀ ਟੇਕ ਸਤਿਗੁਰਿ ਦਿਤੀ ਤੁਸਿ ਕੈ ਬਲਿ ਰਾਮ ਜੀਉ ॥ ਹਰਿ ਅੰਮ੍ਰਿਤਿ ਭਰੇ ਭੰਡਾਰ ਸਭੁ ਕਿਛੁ ਹੈ ਘਰਿ ਤਿਸ ਕੈ ਬਲਿ ਰਾਮ ਜੀਉ ॥ ਬਾਬੁਲੁ ਮੇਰਾ ਵਡ ਸਮਰਥਾ ਕਰਣ ਕਾਰਣ ਪ੍ਰਭੁ ਹਾਰਾ ॥ ਜਿਸੁ ਸਿਮਰਤ ਦੁਖੁ ਕੋਈ ਨ ਲਾਗੈ ਭਉਜਲੁ ਪਾਰਿ ਉਤਾਰਾ ॥ ਆਦਿ ਜੁਗਾਦਿ ਭਗਤਨ ਕਾ ਰਾਖਾ ਉਸਤਤਿ ਕਰਿ ਕਰਿ ਜੀਵਾ ॥ ਨਾਨਕ ਨਾਮੁ ਮਹਾ ਰਸੁ ਮੀਠਾ ਅਨਦਿਨੁ ਮਨਿ ਤਨਿ ਪੀਵਾ ॥੧॥ {ਪੰਨਾ ੭੭੮}

ਪਦ ਅਰਥ :—ਚਰਣ ਕਮਲ—ਕੌਲ ਫੁੱਲਾਂ ਵਰਗੇ ਕੋਮਲ ਚਰਨ । ਟੇਕ—ਸਹਾਰਾ । ਸਤਿਗੁਰਿ—ਗੁਰੂ ਨੇ । ਤੁਸਿ ਕੈ—ਪ੍ਰਸੰਨ ਹੋ ਕੇ । ਬਲਿਰਾਮ ਜੀਉ—

(ਮੈਂ) ਪ੍ਰਭੂ ਜੀ ਤੋਂ ਸਦਕੇ ਹਾਂ । ਅੰਮ੍ਰਿਤਿ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ । ਭੰਡਾਰ—ਖ਼ਜ਼ਾਨੇ । ਸਭੁ ਕਿਛੁ—ਹਰੇਕ ਪਦਾਰਥ । ਘਰਿ ਤਿਸ ਕੈ—ਉਸ (ਪ੍ਰਭੂ) ਦੇ ਘਰ ਵਿਚ । ਤਿਸ ਕੈ—{ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ} । ਬਾਬੁਲੁ—ਪਿਤਾ-ਪ੍ਰਭੂ । ਸਮਰਥਾ—ਤਾਕਤਾਂ ਦਾ ਮਾਲਕ । ਕਰਣ ਕਾਰਣ ਹਾਰਾ—ਕਾਰਣ ਕਰਣਹਾਰਾ, ਹਰੇਕ ਸਬਬ ਬਣਾ ਸਕਣ ਵਾਲਾ । ਸਿਮਰਤ—ਸਿਮਰਦਿਆਂ । ਭਉਜਲੁ—ਸੰਸਾਰ-ਸਮੁੰਦਰ । ਆਦਿ—ਸ਼ੁਰੂ ਤੋਂ । ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ । ਉਸਤਤਿ—ਵਡਿਆਈ । ਕਰਿ—ਕਰ ਕੇ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ । ਮਹਾ ਰਸੁ—ਸਭ ਰਸਾਂ ਨਾਲੋਂ ਵੱਡਾ ਰਸ । ਅਨਦਿਨੁ—ਹਰ ਰੋਜ਼, ਹਰ ਵੇਲੇ {ਅਨੁਦਿਨਜ਼} । ਮਨਿ—ਮਨ ਨਾਲ । ਤਨਿ—ਤਨ ਨਾਲ । ਪੀਵਾ—ਪੀਵਾਂ, ਮੈਂ ਪੀਂਦਾ ਹਾਂ ।੧।

ਅਰਥ :—ਹੇ ਭਾਈ! ਮੈਂ ਸੋਹਣੇ ਪ੍ਰਭੂ ਤੋਂ ਸਦਕੇ ਜਾਂਦਾ ਹਾਂ (ਉਸ ਦੀ ਮਿਹਰ ਨਾਲ) ਗੁਰੂ ਨੇ ਮਿਹਰਵਾਨ ਹੋ ਕੇ ਮੈਨੂੰ ਉਸ ਦੇ ਸੋਹਣੇ ਚਰਨਾਂ ਦਾ ਆਸਰਾ ਦਿੱਤਾ ਹੈ । ਮੈਂ ਉਸ ਪ੍ਰਭੂ ਤੋਂ ਕੁਰਬਾਨ ਹਾਂ, ਉਸ ਦੇ ਘਰ ਵਿਚ ਹਰੇਕ ਪਦਾਰਥ ਮੌਜੂਦ ਹੈ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ (ਉਸ ਦੇ ਘਰ ਵਿਚ) ਖ਼ਜ਼ਾਨੇ ਭਰੇ ਪਏ ਹਨ ।

ਹੇ ਭਾਈ! ਮੇਰਾ ਪ੍ਰਭੂ-ਪਿਤਾ ਬੜੀਆਂ ਤਾਕਤਾਂ ਦਾ ਮਾਲਕ ਹੈ, ਉਹ ਪ੍ਰਭੂ ਹਰੇਕ ਸਬਬ ਬਣਾ ਸਕਣ ਵਾਲਾ ਹੈ । (ਉਹ ਐਸਾ ਹੈ) ਜਿਸ ਦਾ ਨਾਮ ਸਿਮਰਦਿਆਂ ਕੋਈ ਦੁੱਖ ਪੋਹ ਨਹੀਂ ਸਕਦਾ, (ਉਸ ਦਾ ਨਾਮ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ।

ਹੇ ਭਾਈ! ਜਗਤ ਦੇ ਸ਼ੁਰੂ ਤੋਂ ਹੀ (ਉਹ ਪ੍ਰਭੂ ਆਪਣੇ) ਭਗਤਾਂ ਦਾ ਰਾਖਾ (ਚਲਿਆ ਆ ਰਿਹਾ) ਹੈ । ਉਸ ਦੀ ਸਿਫ਼ਤਿ-ਸਾਲਾਹ ਕਰ ਕਰ ਕੇ ਮੈਂ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ । ਹੇ ਨਾਨਕ! (ਆਖ—ਹੇ ਭਾਈ! ਉਸ ਦਾ) ਨਾਮ ਮਿੱਠਾ ਹੈ, (ਸਭ ਰਸਾਂ ਨਾਲੋਂ) ਵੱਡਾ ਰਸ ਹੈ ਮੈਂ ਤਾਂ ਹਰ ਵੇਲੇ (ਉਹ ਨਾਮ ਰਸ ਆਪਣੇ) ਮਨ ਦੀ ਰਾਹੀਂ ਗਿਆਨ-ਇੰਦ੍ਰਿਆਂ ਦੀ ਰਾਹੀਂ ਪੀਂਦਾ ਰਹਿੰਦਾ ਹਾਂ ।੧।

ਹਰਿ ਆਪੇ ਲਏ ਮਿਲਾਇ ਕਿਉ ਵੇਛੋੜਾ ਥੀਵਈ ਬਲਿ ਰਾਮ ਜੀਉ ॥ ਜਿਸ ਨੋ ਤੇਰੀ ਟੇਕ ਸੋ ਸਦਾ ਸਦ ਜੀਵਈ ਬਲਿ ਰਾਮ ਜੀਉ ॥ ਤੇਰੀ ਟੇਕ ਤੁਝੈ ਤੇ ਪਾਈ ਸਾਚੇ ਸਿਰਜਣਹਾਰਾ ॥ ਜਿਸ ਤੇ ਖਾਲੀ ਕੋਈ ਨਾਹੀ ਐਸਾ ਪ੍ਰਭੂ ਹਮਾਰਾ ॥ ਸੰਤ ਜਨਾ ਮਿਲਿ ਮੰਗਲੁ ਗਾਇਆ ਦਿਨੁ ਰੈਨਿ ਆਸ ਤੁਮ੍ਾਰੀ ॥ ਸਫਲੁ ਦਰਸੁ ਭੇਟਿਆ ਗੁਰੁ ਪੂਰਾ ਨਾਨਕ ਸਦ ਬਲਿਹਾਰੀ ॥੨॥ {ਪੰਨਾ ੭੭੮}

ਪਦ ਅਰਥ :—ਆਪੇ—ਆਪ ਹੀ । ਥੀਵਈ—ਹੋ ਸਕਦਾ ਹੈ, ਥੀਵੈ । ਕਿਉ ਥੀਵਈ—ਕਿਵੇਂ ਹੋ ਸਕਦਾ ਹੈ? ਨਹੀਂ ਹੋ ਸਕਦਾ । ਜਿਸ ਨੋ—{ਲਫ਼ਜ਼ 'ਜਿਸੁ' ਦਾ _ ਸੰਬੰਧਕ 'ਨੋ' ਕਾਰਨ ਉੱਡ ਗਿਆ ਹੈ} । ਸਦ—ਸਦਾ । ਜੀਵਈ—ਜੀਵੈ, ਆਤਮਕ ਜੀਵਨ ਹਾਸਲ ਕਰੀ ਰੱਖਦਾ ਹੈ । ਤੁਝੈ ਤੇ—ਤੁਝ ਤੇ ਹੀ, ਤੇਰੇ ਪਾਸੋਂ ਹੀ । ਪਾਈ—ਮਿਲਦੀ ਹੈ । ਸਾਚੇ—ਹੇ ਸਦਾ ਕਾਇਮ ਰਹਿਣ ਵਾਲੇ! ਜਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ _ ਉੱਡ ਗਿਆ ਹੈ} । ਮਿਲਿ—ਮਿਲ ਕੇ । ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ । ਰੈਨਿ—ਰਾਤ । ਸਫਲੁ—ਹਰੇਕ ਫਲ ਦੇਣ ਵਾਲਾ, ਹਰੇਕ ਮੁਰਾਦ ਪੂਰੀ ਕਰਨ ਵਾਲਾ । ਭੇਟਿਆ—ਮਿਲਿਆ । ਬਲਿਹਾਰੀ—ਕੁਰਬਾਨ ।੨।

ਅਰਥ :—ਹੇ ਭਾਈ! ਮੈਂ ਸੋਹਣੇ ਪ੍ਰਭੂ ਤੋਂ ਸਦਕੇ ਜਾਂਦਾ ਹਾਂ, (ਜਿਸ ਮਨੁੱਖ ਨੂੰ) ਉਹ ਆਪ ਹੀ (ਆਪਣੇ ਚਰਨਾਂ ਨਾਲ) ਜੋੜਦਾ ਹੈ (ਉਸ ਮਨੁੱਖ ਨੂੰ ਪ੍ਰਭੂ ਨਾਲੋਂ) ਫਿਰ ਕਦੇ ਵਿਛੋੜਾ ਨਹੀਂ ਹੁੰਦਾ ।

ਹੇ ਰਾਮ! ਮੈਂ ਤੈਥੋਂ ਕੁਰਬਾਨ ਹਾਂ । ਜਿਸ ਮਨੁੱਖ ਨੂੰ ਤੇਰਾ ਸਹਾਰਾ ਮਿਲ ਜਾਂਦਾ ਹੈ, ਉਹ ਸਦਾ ਹੀ ਆਤਮਕ ਜੀਵਨ ਹਾਸਲ ਕਰੀ ਰੱਖਦਾ ਹੈ । ਪਰ, ਹੇ ਸਦਾ ਕਾਇਮ ਰਹਿਣ ਵਾਲੇ ਅਤੇ ਸਭ ਦੇ ਪੈਦਾ ਕਰਨ ਵਾਲੇ! ਤੇਰਾ ਆਸਰਾ ਮਿਲਦਾ ਭੀ ਤੇਰੇ ਹੀ ਪਾਸੋਂ ਹੈ । ਤੂੰ ਇਹੋ ਜਿਹਾ ਸਾਡਾ ਮਾਲਕ ਹੈਂ, ਜਿਸ (ਦੇ ਦਰ) ਤੋਂ ਕਦੇ ਕੋਈ ਖ਼ਾਲੀ (ਬੇ-ਮੁਰਾਦ) ਨਹੀਂ ਜਾਂਦਾ । ਹੇ ਪ੍ਰਭੂ! ਤੇਰੇ ਸੰਤ ਜਨ ਮਿਲ ਕੇ (ਸਦਾ ਤੇਰੀ) ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਹਨ, (ਉਹਨਾਂ ਨੂੰ) ਦਿਨ ਰਾਤ ਤੇਰੀ (ਸਹਾਇਤਾ ਦੀ) ਹੀ ਆਸ ਰਹਿੰਦੀ ਹੈ । ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਤੈਥੋਂ ਸਦਾ ਸਦਕੇ ਹਾਂ (ਤੇਰੀ ਹੀ ਮਿਹਰ ਨਾਲ ਉਹ) ਪੂਰਾ ਗੁਰੂ ਮਿਲਦਾ ਹੈ ਜਿਸ ਦਾ ਦੀਦਾਰ ਹਰੇਕ ਮੁਰਾਦ ਪੂਰੀ ਕਰਨ ਵਾਲਾ ਹੈ ।੨।

ਸੰਮ੍ਲਿਆ ਸਚੁ ਥਾਨੁ ਮਾਨੁ ਮਹਤੁ ਸਚੁ ਪਾਇਆ ਬਲਿ ਰਾਮ ਜੀਉ ॥ ਸਤਿਗੁਰੁ ਮਿਲਿਆ ਦਇਆਲੁ ਗੁਣ ਅਬਿਨਾਸੀ ਗਾਇਆ ਬਲਿ ਰਾਮ ਜੀਉ ॥ ਗੁਣ ਗੋਵਿੰਦ ਗਾਉ ਨਿਤ ਨਿਤ ਪ੍ਰਾਣ ਪ੍ਰੀਤਮ ਸੁਆਮੀਆ ॥ ਸੁਭ ਦਿਵਸ ਆਏ ਗਹਿ ਕੰਠਿ ਲਾਏ ਮਿਲੇ ਅੰਤਰਜਾਮੀਆ ॥ ਸਤੁ ਸੰਤੋਖੁ ਵਜਹਿ ਵਾਜੇ ਅਨਹਦਾ ਝੁਣਕਾਰੇ ॥ ਸੁਣਿ ਭੈ ਬਿਨਾਸੇ ਸਗਲ ਨਾਨਕ ਪ੍ਰਭ ਪੁਰਖ ਕਰਣੈਹਾਰੇ ॥੩॥ {ਪੰਨਾ ੭੭੮}

ਪਦ ਅਰਥ :—ਸੰਮ੍ਲਿਆ—ਸੰਭਾਲਿਆ, ਮੱਲਿਆ । ਸਚੁ ਥਾਨੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਦਰ । ਮਹਤੁ—ਮਹੱਤਤਾ, ਵਡਿਆਈ । ਸਚੁ—ਸਦਾ-ਥਿਰ ਹਰੀ । ਬਲਿ ਰਾਮ ਜੀਉ—ਮੈਂ ਪ੍ਰਭੂ ਜੀ ਤੋਂ ਸਦਕੇ ਜਾਂਦਾ ਹਾਂ । ਦਇਆਲੁ—ਦਇਆ ਦਾ ਘਰ । ਗਾਉ—ਗਾਇਆ ਕਰੋ । ਨਿਤ ਨਿਤ—ਸਦਾ ਹੀ । ਸੁਭ—ਭਲੇ । ਦਿਵਸ—ਦਿਹਾੜੇ । ਗਹਿ—ਫੜ ਕੇ । ਕੰਠਿ—ਗਲ ਨਾਲ । ਅੰਤਰਜਾਮੀਆ—ਸਭ ਦੇ ਦਿਲ ਦੀ ਜਾਣਨ ਵਾਲਾ । ਸਤੁ—ਉੱਚਾ ਆਚਰਨ । ਸੰਤੋਖੁ—ਮਾਇਆ ਵਲੋਂ ਤ੍ਰਿਪਤੀ । ਵਜਹਿ ਵਾਜੇ—ਵਾਜੇ ਵੱਜਦੇ ਹਨ (ਜਿਵੇਂ ਕਿਤੇ ਵਾਜੇ ਵੱਜਦੇ ਹੋਣ ਤਾਂ ਉਥੇ ਸਾਧਾਰਨ ਆਵਾਜ਼ ਨਾਲ ਕੀਤੀ ਗੱਲ ਨਹੀਂ ਸੁਣੀ ਜਾਂਦੀ, ਤਿਵੇਂ ਹਿਰਦੇ ਵਿਚ ਵਿਕਾਰਾਂ ਦੀ ਪ੍ਰੇਰਨਾ ਨਹੀਂ ਸੁਣੀ ਜਾਂਦੀ) । ਅਨਹਦਾ—ਇਕ-ਰਸ, ਲਗਾਤਾਰ । ਝੁਣਕਾਰੇ—ਮਿੱਠੀ ਸੁਰ । ਸੁਣਿ—ਸੁਣ ਕੇ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ਸਾਰੇ ਡਰ । ਕਰਣੈਹਾਰੇ—ਸਭ ਕੁਝ ਕਰਨ ਦੀ ਸਮਰਥਾ ਵਾਲੇ ਦੇ ।੩।

ਅਰਥ :—ਹੇ ਭਾਈ! ਮੈਂ ਪ੍ਰਭੂ ਜੀ ਤੋਂ ਸਦਕੇ ਜਾਂਦਾ ਹਾਂ । (ਪ੍ਰਭੂ ਦੀ ਮਿਹਰ ਨਾਲ ਜਿਸ ਨੂੰ) ਦਇਆ ਦਾ ਸੋਮਾ ਗੁਰੂ ਮਿਲ ਪਿਆ, ਉਸ ਨੇ ਅਬਿਨਾਸੀ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ, ਉਸ ਨੇ ਸਦਾ-ਥਿਰ ਪ੍ਰਭੂ ਦਾ ਦਰ ਮੱਲ ਲਿਆ, ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪਿਆ, (ਉਸ ਨੂੰ ਪ੍ਰਭੂ ਦੇ ਦਰ ਤੋਂ) ਮਾਣ ਮਿਲਿਆ, ਵਡਿਆਈ ਮਿਲੀ ।

ਹੇ ਭਾਈ! ਜਿੰਦ ਦੇ ਮਾਲਕ ਪ੍ਰੀਤਮ ਪ੍ਰਭੂ ਦੇ ਗੁਣ ਸਦਾ ਹੀ ਗਾਇਆ ਕਰੋ, (ਜਿਹੜਾ ਮਨੁੱਖ ਗੁਣ ਗਾਂਦਾ ਹੈ, ਉਸ ਦੇ ਵਾਸਤੇ ਜ਼ਿੰਦਗੀ ਦੇ) ਸੋਹਣੇ ਦਿਹਾੜੇ

ਆਏ ਰਹਿੰਦੇ ਹਨ, ਉਸ ਨੂੰ ਪ੍ਰਭੂ ਜੀ ਆਪਣੇ ਗਲ ਨਾਲ ਲਾਈ ਰੱਖਦੇ ਹਨ, ਸਭ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ ਜੀ ਉਸ ਨੂੰ ਮਿਲ ਪੈਂਦੇ ਹਨ। (ਉਸ ਮਨੁੱਖ ਦੇ ਅੰਦਰ) ਉੱਚਾ ਆਚਰਨ ਅਤੇ ਸੰਤੋਖ (ਹਰ ਵੇਲੇ ਆਪਣਾ ਪੂਰਾ ਪ੍ਰਭਾਵ ਪਾਈ ਰੱਖਦੇ ਹਨ, ਮਾਨੋ, ਸਤ ਸੰਤੋਖ ਦੇ ਅੰਦਰ) ਵਾਜੇ ਵੱਜ ਰਹੇ ਹਨ, (ਸਤ ਸੰਤੋਖ ਦੀ ਉਸ ਦੇ ਅੰਦਰ) ਇਕ-ਰਸ ਮਿੱਠੀ ਲੈ ਬਣੀ ਰਹਿੰਦੀ ਹੈ।

ਹੇ ਨਾਨਕ! ਸਭ ਕੁਝ ਕਰਨ ਦੀ ਸਮਰਥਾ ਵਾਲੇ ਪ੍ਰਭੂ ਅਕਾਲ ਪੁਰਖ ਦੇ ਗੁਣ ਸੁਣ ਕੇ (ਮਨੁੱਖ ਦੇ) ਸਾਰੇ ਡਰ ਨਾਸ ਹੋ ਜਾਂਦੇ ਹਨ।੩।

ਉਪਜਿਆ ਤਤੁ ਗਿਆਨੁ ਸਾਹੁਰੈ ਪੇਈਐ ਇਕੁ ਹਰਿ ਬਲਿ ਰਾਮ ਜੀਉ ॥ ਬ੍ਰਹਮੈ ਬ੍ਰਹਮੁ ਮਿਲਿਆ ਕੋਇ ਨ ਸਾਕੈ ਭਿੰਨ ਕਰਿ ਬਲਿ ਰਾਮ ਜੀਉ ॥ ਬਿਸਮੁ ਪੇਖੈ ਬਿਸਮੁ ਸੁਣੀਐ ਬਿਸਮਾਦੁ ਨਦਰੀ ਆਇਆ ॥ ਜਲਿ ਥਲਿ ਮਹੀਅਲਿ ਪੂਰਨ ਸੁਆਮੀ ਘਟਿ ਘਟਿ ਰਹਿਆ ਸਮਾਇਆ ॥ ਜਿਸ ਤੇ ਉਪਜਿਆ ਤਿਸੁ ਮਾਹਿ ਸਮਾਇਆ ਕੀਮਤਿ ਕਹਣੁ ਨ ਜਾਏ ॥ ਜਿਸ ਕੇ ਚਲਤ ਨ ਜਾਹੀ ਲਖਣੇ ਨਾਨਕ ਤਿਸਹਿ ਧਿਆਏ ॥੪॥੨॥ {ਪੰਨਾ ੭੭੮}

ਪਦ ਅਰਥ :—ਉਪਜਿਆ—ਪੈਦਾ ਹੋ ਜਾਂਦਾ ਹੈ। ਤਤੁ—ਨਚੋੜ। ਗਿਆਨੁ—ਆਤਮਕ ਜੀਵਨ ਦੀ ਸੂਝ। ਤਤੁ ਗਿਆਨੁ—ਆਤਮਕ ਜੀਵਨ ਦੀ ਅਸਲ ਸੂਝ। ਸਾਹੁਰੈ—ਪਰਲੋਕ ਵਿਚ। ਪੇਈਐ—ਇਸ ਲੋਕ ਵਿਚ, ਪੇਕੇ ਘਰ ਵਿਚ। ਬ੍ਰਹਮੈ ਬ੍ਰਹਮੁ ਮਿਲਿਆ—ਜੀਵਾਤਮਾ ਨੂੰ ਪਰਮਾਤਮਾ (ਇਉਂ) ਮਿਲ ਪੈਂਦਾ ਹੈ। ਭਿੰਨ—ਵੱਖਰਾ। ਬਿਸਮੁ—ਅਸਚਰਜ-ਰੂਪ ਪ੍ਰਭੂ। ਪੇਖੈ—ਦੇਖਦਾ ਹੈ। ਬਿਸਮਾਦੁ—ਅਸਚਰਜ-ਰੂਪ ਹਰੀ। ਨਦਰੀ ਆਇਆ—ਦਿੱਸਦਾ ਹੈ। ਜਿਸ ਤੇ—{ਸੰਬੰਧਕ 'ਤੇ', 'ਕੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਮਾਹਿ—ਵਿਚ। ਚਲਤ—ਕੌਤਕ, ਚੋਜ—ਤਮਾਸ਼ੇ। ਨ ਜਾਹੀ ਲਖਣੇ—ਬਿਆਨ ਨਹੀਂ ਕੀਤੇ ਜਾ ਸਕਦੇ। ਤਿਸਹਿ—{ਤਿਸ ਹੀ} ਉਸ (ਪ੍ਰਭੂ) ਨੂੰ ਹੀ। ਜਲਿ—ਜਲ ਵਿਚ। ਥਲਿ—ਧਰਤੀ ਵਿਚ। ਮਹੀਅਲਿ—ਮਹੀ ਤਲਿ, ਧਰਤੀ ਦੀ ਤਹ ਉਤੇ, ਪੁਲਾੜ ਵਿਚ, ਆਕਾਸ਼ ਵਿਚ।੪।

ਅਰਥ :—ਹੇ ਭਾਈ! ਮੈਂ ਪ੍ਰਭੂ ਜੀ ਤੋਂ ਸਦਕੇ ਜਾਂਦਾ ਹਾਂ। (ਜਿਹੜਾ ਮਨੁੱਖ ਉਸ ਪ੍ਰਭੂ ਨੂੰ ਸਦਾ ਸਿਮਰਦਾ ਹੈ, ਉਸ ਦੇ ਅੰਦਰ) ਅਸਲ ਆਤਮਕ ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ, (ਉਸ ਨੂੰ) ਇਸ ਲੋਕ ਤੇ ਪਰਲੋਕ ਵਿਚ ਉਹੀ ਪਰਮਾਤਮਾ ਦਿੱਸਦਾ ਹੈ। ਉਸ ਜੀਵ ਨੂੰ ਪਰਮਾਤਮਾ (ਇਉਂ) ਮਿਲ ਪੈਂਦਾ ਹੈ ਕਿ ਕੋਈ (ਪਰਮਾਤਮਾ ਨਾਲੋਂ ਉਸ ਦਾ) ਨਿਖੇੜਾ ਨਹੀਂ ਕਰ ਸਕਦਾ। (ਉਹ ਮਨੁੱਖ ਹਰ ਥਾਂ) ਉਸ ਅਸਚਰਜ-ਰੂਪ ਪ੍ਰਭੂ ਨੂੰ ਵੇਖਦਾ ਹੈ, (ਉਹੀ ਹਰ ਥਾਂ ਬੋਲਦਾ ਉਸ ਨੂੰ) ਸੁਣੀਦਾ ਹੈ, ਹਰ ਥਾਂ ਉਹੀ ਉਸ ਨੂੰ ਦਿੱਸਦਾ ਹੈ। ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਪਰਮਾਤਮਾ ਹੀ ਉਸ ਨੂੰ ਵਿਆਪਕ ਦਿੱਸਦਾ ਹੈ)।

ਹੇ ਨਾਨਕ! (ਆਖ—ਹੇ ਭਾਈ!) ਜਿਸ ਪਰਮਾਤਮਾ ਦੇ ਚੋਜ-ਤਮਾਸ਼ੇ ਬਿਆਨ ਨਹੀਂ ਕੀਤੇ ਜਾ ਸਕਦੇ, (ਜਿਹੜਾ ਮਨੁੱਖ ਸਦਾ) ਉਸ ਦਾ ਹੀ ਧਿਆਨ ਧਰਦਾ ਹੈ, ਉਸ ਮਨੁੱਖ ਦੀ ਉੱਚੀ ਹੋ ਚੁਕੀ ਆਤਮਕ ਅਵਸਥਾ ਦਾ ਮੁੱਲ ਨਹੀਂ ਪੈ ਸਕਦਾ, (ਕਿਉਂਕਿ) ਜਿਸ ਪਰਮਾਤਮਾ ਤੋਂ ਉਹ ਪੈਦਾ ਹੋਇਆ ਹੈ (ਸਿਮਰਨ ਦੀ ਬਰਕਤਿ ਨਾਲ) ਉਸ ਵਿਚ (ਹਰ ਵੇਲੇ) ਲੀਨ ਰਹਿੰਦਾ ਹੈ।੪।੨।

ਰਾਗੁ ਸੂਹੀ ਛੰਤ ਮਹਲਾ ੫ ਘਰੁ ੨
ੴ ਸਤਿਗੁਰ ਪ੍ਰਸਾਦਿ ॥ ਗੋਬਿੰਦ ਗੁਣ ਗਾਵਣ ਲਾਗੇ ॥ ਹਰਿ ਰੰਗਿ ਅਨਦਿਨੁ ਜਾਗੇ ॥ ਹਰਿ ਰੰਗਿ ਜਾਗੇ ਪਾਪ ਭਾਗੇ ਮਿਲੇ ਸੰਤ ਪਿਆਰਿਆ ॥ ਗੁਰ ਚਰਣ ਲਾਗੇ ਭਰਮ ਭਾਗੇ ਕਾਜ ਸਗਲ ਸਵਾਰਿਆ ॥ ਸੁਣਿ ਸ੍ਰਵਣ ਬਾਣੀ ਸਹਜਿ ਜਾਣੀ ਹਰਿ ਨਾਮੁ ਜਪਿ ਵਡਭਾਗੈ ॥ ਬਿਨਵੰਤਿ ਨਾਨਕ ਸਰਣਿ ਸੁਆਮੀ ਜੀਉ ਪਿੰਡੁ ਪ੍ਰਭ ਆਗੈ ॥੧॥ {ਪੰਨਾ ੭੭੮}

ਪਦ ਅਰਥ :—ਰੰਗਿ—ਪ੍ਰੇਮ-ਰੰਗ ਵਿਚ। ਅਨਦਿਨੁ—{ਅਨੁਦਿਨਾਜ਼} ਹਰ ਰੋਜ਼, ਹਰ ਵੇਲੇ। ਜਾਗੇ—(ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਹੋ ਗਏ। ਸੰਤ—ਗੁਰੂ। ਭਰਮ—ਭਟਕਣਾ। ਸਗਲ—ਸਾਰੇ। ਸੁਣਿ—ਸੁਣ ਕੇ। ਸ੍ਰਵਨ—ਕੰਨਾਂ ਨਾਲ। ਸਹਜਿ—ਆਤਮਕ ਅਡੋਲਤਾ ਵਿਚ (ਟਿਕ ਕੇ)। ਜਪਿ—ਜਪ ਕੇ। ਵਡ ਭਾਗੈ—ਵੱਡੀ ਕਿਸਮਤ ਨਾਲ। ਜੀਉ—ਜਿੰਦ। ਪਿੰਡੁ—ਸਰੀਰ।੧।

ਅਰਥ :—ਹੇ ਭਾਈ! ਜਿਹੜੇ ਮਨੁੱਖ ਪਿਆਰੇ ਗੁਰੂ ਨੂੰ ਮਿਲ ਪੈਂਦੇ ਹਨ, ਉਹ ਮਨੁੱਖ ਪਰਮਾਤਮਾ ਦੇ ਗੁਣ ਗਾਣ ਲੱਗ ਪੈਂਦੇ ਹਨ, ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਟਿਕ ਕੇ) ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ, (ਜਿਉਂ ਜਿਉਂ) ਉਹ ਪ੍ਰਭੂ ਦੇ ਪਿਆਰ-ਰੰਗ ਵਿਚ (ਟਿਕ ਕੇ) ਸੁਚੇਤ ਹੁੰਦੇ ਹਨ, (ਉਹਨਾਂ ਦੇ ਅੰਦਰੋਂ) ਸਾਰੇ ਪਾਪ ਭੱਜ ਜਾਂਦੇ ਹਨ। ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਦੀਆਂ ਸਾਰੀਆਂ ਭਟਕਣਾ ਦੂਰ ਹੋ ਜਾਂਦੀਆਂ ਹਨ, ਉਹਨਾਂ ਦੇ ਸਾਰੇ ਕੰਮ ਭੀ ਸੰਵਰ ਜਾਂਦੇ ਹਨ।

ਨਾਨਕ ਬੇਨਤੀ ਕਰਦਾ ਹੈ—ਜਿਹੜਾ ਮਨੁੱਖ ਵੱਡੀ ਕਿਸਮਤ ਨਾਲ ਸਤਿਗੁਰੂ ਦੀ ਬਾਣੀ ਕੰਨੀਂ ਸੁਣ ਕੇ ਪਰਮਾਤਮਾ ਦਾ ਨਾਮ ਜਪ ਕੇ ਆਤਮਕ ਅਡੋਲਤਾ ਵਿਚ (ਟਿਕ ਕੇ ਪਰਮਾਤਮਾ ਨਾਲ) ਡੂੰਘੀ ਸਾਂਝ ਪਾਂਦਾ ਹੈ, ਉਹ ਮਨੁੱਖ ਮਾਲਕ-ਪ੍ਰਭੂ ਦੀ ਸਰਨ ਪੈ ਕੇ ਆਪਣੀ ਜਿੰਦ ਆਪਣਾ ਸਰੀਰ (ਸਭ ਕੁਝ) ਪਰਮਾਤਮਾ ਦੇ ਅੱਗੇ (ਰੱਖ ਦੇਂਦਾ ਹੈ)।੧।

ਅਨਹਤ ਸਬਦੁ ਸੁਹਾਵਾ ॥ ਸਚੁ ਮੰਗਲੁ ਹਰਿ ਜਸੁ ਗਾਵਾ ॥ ਗੁਣ ਗਾਇ ਹਰਿ ਹਰਿ ਦੂਖ ਨਾਸੇ ਰਹਸੁ ਉਪਜੈ ਮਨਿ ਘਣਾ ॥ ਮਨੁ ਤੰਨੁ ਨਿਰਮਲੁ ਦੇਖਿ ਦਰਸਨੁ ਨਾਮੁ ਪ੍ਰਭ ਕਾ ਮੁਖਿ ਭਣਾ ॥ ਹੋਇ ਰੇਣ ਸਾਧੂ ਪ੍ਰਭ ਅਰਾਧੂ ਆਪਣੇ ਪ੍ਰਭ ਭਾਵਾ ॥ ਬਿਨਵੰਤਿ ਨਾਨਕ ਦਇਆ ਧਾਰਹੁ ਸਦਾ ਹਰਿ ਗੁਣ ਗਾਵਾ ॥੨॥ {ਪੰਨਾ ੭੭੮-੭੭੯}

ਪਦ ਅਰਥ :—ਅਨਹਤ—ਇਕ-ਰਸ, ਲਗਾਤਾਰ, ਹਰ ਵੇਲੇ। ਸੁਹਾਵਾ—(ਕੰਨਾਂ ਨੂੰ) ਸੁਖ ਦੇਣ ਵਾਲਾ। ਸਚੁ—ਸਦਾ-ਥਿਰ। ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ। ਜਸੁ—ਸਿਫ਼ਤਿ-ਸਾਲਾਹ। ਗਾਵਾ—(ਜਿਨ੍ਹਾਂ ਨੇ) ਗਾਇਆ। ਗਾਇ—ਗਾ ਕੇ। ਰਹਸੁ—ਖ਼ੁਸ਼ੀ। ਮਨਿ—ਮਨ ਵਿਚ। ਘਣਾ—ਬਹੁਤ। ਤੰਨੁ—ਤਨ {ਪਾਠ ਵਿਚ ਇਕ ਮਾਤ੍ਰਾ ਵਧਾਣ ਲਈ ਲਫ਼ਜ਼ 'ਤਨੁ' ਤੋਂ 'ਤੰਨੁ'}। ਦੇਖਿ—ਵੇਖ ਕੇ। ਮੁਖਿ—ਮੂੰਹ ਨਾਲ। ਭਣਾ—(ਜਿਨ੍ਹਾਂ ਨੇ) ਉਚਾਰਿਆ। ਪ੍ਰਭ ਭਾਵਾ—ਪ੍ਰਭੂ ਨੂੰ ਪਿਆਰੇ ਲੱਗੇ। ਗਾਵਾ—ਮੈਂ ਗਾਂਦਾ ਰਹਾਂ, ਗਾਵਾਂ। ਰੇਣ—ਚਰਨ-ਧੂੜ। ਸਾਧੂ—ਗੁਰੂ।੨।

ਅਰਥ :—ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਹਰ ਵੇਲੇ ਗਾਂਵਿਆਂ, ਉਹਨਾਂ ਨੂੰ ਸਿਫ਼ਤਿ-ਸਾਲਾਹ ਦੀ ਬਾਣੀ ਹਰ

ਵੇਲੇ ਇਕ-ਰਸ (ਕੰਨਾਂ ਨੂੰ) ਸੁਖਦਾਈ ਲੱਗਣ ਲੱਗ ਪੈਂਦੀ ਹੈ । ਪਰਮਾਤਮਾ ਦੇ ਗੁਣ ਗਾ ਗਾ ਕੇ (ਉਹਨਾਂ ਦੇ ਸਾਰੇ) ਦੁੱਖ ਨਾਸ ਹੋ ਜਾਂਦੇ ਹਨ, (ਉਹਨਾਂ ਦੇ) ਮਨ ਵਿਚ ਬਹੁਤ ਆਨੰਦ ਪੈਦਾ ਹੋ ਜਾਂਦਾ ਹੈ । ਹੇ ਭਾਈ! ਜਿਹੜੇ ਮਨੁੱਖ (ਆਪਣੇ) ਮੂੰਹ ਨਾਲ ਪਰਮਾਤਮਾ ਦਾ ਨਾਮ ਉਚਾਰਦੇ ਰਹਿੰਦੇ ਹਨ, (ਉਹਨਾਂ ਦਾ) ਦਰਸਨ ਕਰ ਕੇ ਮਨ ਪਵਿੱਤਰ ਹੋ ਜਾਂਦਾ ਹੈ ਸਰੀਰ ਪਵਿੱਤਰ ਹੋ ਜਾਂਦਾ ਹੈ । ਗੁਰੂ ਦੀ ਚਰਨ-ਧੂੜ ਹੋ ਕੇ ਜਿਹੜਾ ਮਨੁੱਖ ਪਰਮਾਤਮਾ ਦਾ ਆਰਾਧਨ ਕਰਦੇ ਰਹਿੰਦੇ ਹਨ, ਉਹ ਮਨੁੱਖ ਆਪਣੇ ਪ੍ਰਭੂ ਨੂੰ ਪਿਆਰੇ ਲੱਗਣ ਲੱਗ ਪੈਂਦੇ ਹਨ ।

ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! (ਮੇਰੇ ਉੱਤੇ) ਮਿਹਰ ਕਰ, ਮੈਂ (ਭੀ) ਸਦਾ ਤੇਰੇ ਗੁਣ ਗਾਂਦਾ ਰਹਾਂ ।੨।

ਗੁਰ ਮਿਲਿ ਸਾਗਰੁ ਤਰਿਆ ॥ ਹਰਿ ਚਰਣ ਜਪਤ ਨਿਸਤਰਿਆ ॥ ਹਰਿ ਚਰਣ ਧਿਆਏ ਸਭਿ ਫਲ ਪਾਏ ਮਿਟੇ ਆਵਣ ਜਾਣਾ ॥ ਭਾਇ ਭਗਤਿ ਸੁਭਾਇ ਹਰਿ ਜਪਿ ਆਪਣੇ ਪ੍ਰਭ ਭਾਵਾ ॥ ਜਪਿ ਏਕੁ ਅਲਖ ਅਪਾਰ ਪੂਰਨ ਤਿਸੁ ਬਿਨਾ ਨਹੀ ਕੋਈ ॥ ਬਿਨਵੰਤਿ ਨਾਨਕ ਗੁਰਿ ਭਰਮੁ ਖੋਇਆ ਜਤ ਦੇਖਾ ਤਤ ਸੋਈ ॥੩॥ {ਪੰਨਾ ੭੭੯}

ਪਦ ਅਰਥ :—ਗੁਰ ਮਿਲਿ—ਗੁਰੂ ਨੂੰ ਮਿਲ ਕੇ । ਸਾਗਰੁ—(ਸੰਸਾਰ-) ਸਮੁੰਦਰ । ਜਪਤ—ਜਪਦਿਆਂ । ਨਿਸਤਰਿਆ—ਪਾਰ ਲੰਘਿਆ ਜਾ ਸਕਦਾ ਹੈ । ਧਿਆਏ—ਸੁਰਤਿ ਜੋੜਦਾ ਹੈ । ਸਭਿ—ਸਾਰੇ । ਆਵਣ ਜਾਣਾ—ਜਨਮ ਮਰਨ ਦੇ ਗੇੜ । ਭਾਇ—ਪਿਆਰ ਨਾਲ । ਭਗਤਿ ਸੁਭਾਇ—ਭਗਤੀ ਵਾਲੇ ਸੁਭਾਉ ਵਿਚ ਟਿਕ ਕੇ । ਜਪਿ—ਜਪ ਕੇ । ਪ੍ਰਭ ਭਾਵਾ—ਪ੍ਰਭੂ ਨੂੰ ਚੰਗਾ ਲੱਗਦਾ ਹੈ । ਅਲਖ—ਜਿਸ ਦਾ ਸਹੀ ਸਰੂਪ ਦੱਸਿਆ ਨਾਹ ਜਾ ਸਕੇ । ਅਪਾਰ—ਜਿਸ ਦੀ ਹਸਤੀ ਦਾ ਪਾਰਲਾ ਬੰਨਾ ਨਾਹ ਲੱਭੇ । ਗੁਰਿ—ਗੁਰੂ ਨੇ । ਜਪਿ—ਜਪਿਆ ਕਰ । ਜਤ—ਜਿਧਰ । ਦੇਖਾ—ਦੇਖਾਂ, ਮੈਂ ਵੇਖਦਾ ਹਾਂ । ਤਤ—ਉਧਰ । ਸੋਈ—ਉਹੀ ਪ੍ਰਭੂ ।੩।

ਅਰਥ :—ਹੇ ਭਾਈ! ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਜਪਦਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘਿਆ ਜਾ ਸਕਦਾ ਹੈ ।

ਜਿਹੜਾ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ ਉਹ ਸਾਰੀਆਂ ਮੂੰਹ-ਮੰਗੀਆਂ ਮੁਰਾਦਾਂ ਪ੍ਰਾਪਤ ਕਰ ਲੈਂਦਾ ਹੈ, ਉਸ ਦੇ ਜਨਮ ਮਰਨ ਦੇ ਗੇੜ (ਭੀ) ਮਿਟ ਜਾਂਦੇ ਹਨ । ਪਿਆਰ ਦੀ ਰਾਹੀਂ ਭਗਤੀ ਵਾਲੇ ਸੁਭਾਉ ਦੀ ਰਾਹੀਂ ਪਰਮਾਤਮਾ ਦਾ ਨਾਮ ਜਪ ਕੇ ਉਹ ਮਨੁੱਖ ਆਪਣੇ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ।

ਹੇ ਭਾਈ! ਅਦ੍ਰਿਸ਼ਟ ਬੇਅੰਤ ਅਤੇ ਸਰਬ-ਵਿਆਪਕ ਪਰਮਾਤਮਾ ਦਾ ਨਾਮ ਜਪਿਆ ਕਰ, ਉਸ ਤੋਂ ਬਿਨਾ ਹੋਰ ਕੋਈ ਨਹੀਂ ਹੈ ।

ਨਾਨਕ ਬੇਨਤੀ ਕਰਦਾ ਹੈ—ਗੁਰੂ ਨੇ (ਮੇਰੀ) ਭਟਕਣਾ ਦੂਰ ਕਰ ਦਿੱਤੀ ਹੈ, (ਹੁਣ) ਮੈਂ ਜਿਧਰ ਵੇਖਦਾ ਹਾਂ, ਉਧਰ ਉਹ (ਪਰਮਾਤਮਾ) ਹੀ (ਦਿੱਸਦਾ ਹੈ) ।੩।

ਪਤਿਤ ਪਾਵਨ ਹਰਿ ਨਾਮਾ ॥ ਪੂਰਨ ਸੰਤ ਜਨਾ ਕੇ ਕਾਮਾ ॥ ਗੁਰੁ ਸੰਤੁ ਪਾਇਆ ਪ੍ਰਭੁ ਧਿਆਇਆ ਸਗਲ ਇਛਾ ਪੁੰਨੀਆ ॥ ਹਉ ਤਾਪ ਬਿਨਸੇ ਸਦਾ ਸਰਸੇ ਪ੍ਰਭ ਮਿਲੇ ਚਿਰੀ ਵਿਛੁੰਨਿਆ ॥ ਮਨਿ ਸਾਤਿ ਆਈ ਵਜੀ ਵਧਾਈ ਮਨਹੁ ਕਦੇ ਨ ਵੀਸਰੈ ॥ ਬਿਨਵੰਤਿ ਨਾਨਕ ਸਤਿਗੁਰਿ ਦ੍ਰਿੜਾਇਆ ਸਦਾ ਭਜੁ ਜਗਦੀਸਰੈ ॥੪॥੧॥੩॥ {ਪੰਨਾ ੭੭੮}

ਪਦ ਅਰਥ :—ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ । ਪਾਵਨ—ਪਵਿੱਤਰ (ਕਰਨ ਵਾਲਾ) । ਪਤਿਤ ਪਾਵਨ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ । ਕੇ ਕਾਮਾ—ਦੇ (ਸਾਰੇ) ਕੰਮ । ਪਾਇਆ—ਮਿਲਾਪ ਹਾਸਲ ਕੀਤਾ । ਸਗਲ—ਸਾਰੀਆਂ । ਇਛਾ—ਇੱਛਾਂ, ਮੁਰਾਦਾਂ । ਪੁੰਨੀਆ—ਪੁੰਨੀਆਂ, ਪੂਰੀਆਂ ਹੋ ਗਈਆਂ । ਹਉ ਤਾਪ—ਹਉਮੈ ਦੇ ਤਾਪ । ਸਰਸੇ—ਪ੍ਰਸੰਨ । ਪ੍ਰਭ ਮਿਲੇ—ਪ੍ਰਭੂ ਨੂੰ ਮਿਲ ਪਏ । ਚਿਰੀ—ਚਿਰਾਂ ਦੇ । ਮਨਿ—ਮਨ ਵਿਚ । ਸਾਤਿ—ਸ਼ਾਂਤਿ, ਠੰਢ । ਵਜੀ ਵਧਾਈ—ਚੜ੍ਹਦੀ ਕਲਾ ਪ੍ਰਬਲ ਹੋ ਗਈ । ਮਨਹੁ—ਮਨ ਤੋਂ । ਸਤਿਗੁਰਿ—ਗੁਰੂ ਨੇ । ਜਗਦੀਸਰੈ—{ਜਗਤ-ਈਸਰੈ} ਜਗਤ ਦੇ ਈਸਰ ਨੂੰ । ਭਜੁ—ਭਜਿਆ ਕਰ ।੪।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ ਅਤੇ ਸੰਤ ਜਨਾਂ ਦੇ ਸਾਰੇ ਕੰਮ ਸਿਰੇ ਚੜ੍ਹਾਨ ਵਾਲਾ ਹੈ ।

ਜਿਨ੍ਹਾਂ ਨੂੰ ਸੰਤ-ਗੁਰੂ ਮਿਲ ਪਿਆ, ਉਹਨਾਂ ਨੇ ਪ੍ਰਭੂ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, ਉਹਨਾਂ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋਣ ਲੱਗ ਪਈਆਂ, (ਉਹਨਾਂ ਦੇ ਅੰਦਰੋਂ) ਹਉਮੈ ਦੇ ਕਲੇਸ਼ ਨਾਸ ਹੋ ਗਏ, ਉਹ ਸਦਾ ਖਿੜੇ-ਮੱਥੇ ਰਹਿਣ ਲੱਗ ਪਏ, ਚਿਰਾਂ ਦੇ ਵਿੱਛੁੜੇ ਹੋਏ ਉਹ ਪ੍ਰਭੂ ਨੂੰ ਮਿਲ ਪਏ । ਉਹਨਾਂ ਦੇ ਮਨ ਵਿਚ (ਸਿਮਰਨ ਦੀ ਬਰਕਤਿ ਨਾਲ) ਠੰਢ ਪੈ ਗਈ, ਉਹਨਾਂ ਦੇ ਅੰਦਰ ਚੜ੍ਹਦੀ ਕਲਾ ਪ੍ਰਬਲ ਹੋ ਗਈ, ਪਰਮਾਤਮਾ ਦਾ ਨਾਮ ਉਹਨਾਂ ਨੂੰ ਕਦੇ ਨਹੀਂ ਭੁੱਲਦਾ ।

ਨਾਨਕ ਬੇਨਤੀ ਕਰਦਾ ਹੈ—(ਹੇ ਭਾਈ! ਗੁਰੂ ਨੇ (ਇਹ ਗੱਲ ਹਿਰਦੇ ਵਿਚ) ਪੱਕੀ ਕਰ ਦਿੱਤੀ ਹੈ ਕਿ ਸਦਾ ਜਗਤ ਦੇ ਮਾਲਕ ਦਾ ਨਾਮ ਜਪਦੇ ਰਿਹਾ ਕਰੋ ।੪।੧।੩।

ਰਾਗੁ ਸੂਹੀ ਛੰਤ ਮਹਲਾ ੫ ਘਰੁ ੩
ੴ ਸਤਿਗੁਰ ਪ੍ਰਸਾਦਿ ॥ ਤੂ ਠਾਕੁਰੋ ਬੈਰਾਗਰੋ ਮੈ ਜੇਹੀ ਘਣ ਚੇਰੀ ਰਾਮ ॥ ਤੂੰ ਸਾਗਰੋ ਰਤਨਾਗਰੋ ਹਉ ਸਾਰ ਨ ਜਾਣਾ ਤੇਰੀ ਰਾਮ ॥ ਸਾਰ ਨ ਜਾਣਾ ਤੂ ਵਡ ਦਾਣਾ ਕਰਿ ਮਿਹਰੰਮਤਿ ਸਾਂਈ ॥ ਕਿਰਪਾ ਕੀਜੈ ਸਾ ਮਤਿ ਦੀਜੈ ਆਠ ਪਹਰ ਤੁਧੁ ਧਿਆਈ ॥ ਗਰਬੁ ਨ ਕੀਜੈ ਰੇਣ ਹੋਵੀਜੈ ਤਾ ਗਤਿ ਜੀਅਰੇ ਤੇਰੀ ॥ ਸਭ ਊਪਰਿ ਨਾਨਕ ਕਾ ਠਾਕੁਰੁ ਮੈ ਜੇਹੀ ਘਣ ਚੇਰੀ ਰਾਮ ॥੧॥ {ਪੰਨਾ ੭੭੯}

ਪਦ ਅਰਥ :—ਠਾਕੁਰੋ—ਠਾਕੁਰੁ, ਮਾਲਕ, ਪਾਲਣਹਾਰ । ਬੈਰਾਗਰੋ—ਵਾਸਨਾ-ਰਹਿਤ, ਨਿਰਚਾਹ । ਮੈ ਜੇਹੀ—ਮੇਰੇ ਵਰਗੀਆਂ । ਘਣ—ਅਨੇਕਾਂ । ਚੇਰੀ—ਦਾਸੀਆਂ । ਰਾਮ—ਹੇ ਰਾਮ! ਰਤਨਾਗਰੋ—ਰਤਨਾਕਰੁ, ਰਤਨ-ਆਕਰ, ਰਤਨਾਂ ਦੀ ਖਾਣ । ਹਉ—ਹਉਂ, ਮੈਂ । ਸਾਰ—ਕਦਰ । ਦਾਣਾ—ਸਿਆਣਾ । ਮਿਹਰੰਮਤਿ—ਮਿਹਰ । ਸਾਂਈ—ਹੇ ਸਾਈਂ! ਕੀਜੈ—ਕਰ । ਦੀਜੈ—ਦੇਹ । ਮਤਿ—ਅਕਲ । ਸਾ—ਅਜਿਹੀ । ਧਿਆਈ—ਧਿਆਈਂ, ਮੈਂ ਧਿਆਵਾਂ । ਗਰਬੁ—ਅਹੰਕਾਰ । ਰੇਣ—ਚਰਨ-ਧੂੜ । ਹੋਵੀਜੈ—ਹੋ ਜਾ । ਗਤਿ—ਉੱਚੀ ਆਤਮਕ ਅਵਸਥਾ । ਜੀਅਰੇ—ਹੇ ਜੀਵ! ।੧।

ਅਰਥ :—ਹੇ (ਮੇਰੇ) ਰਾਮ! ਤੂੰ (ਸਭ ਜੀਵਾਂ ਦਾ) ਮਾਲਕ ਹੈਂ, ਤੇਰੇ ਉਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ । ਮੇਰੇ ਵਰਗੀਆਂ (ਤੇਰੇ ਦਰ ਤੇ) ਅਨੇਕਾਂ ਦਾਸੀਆਂ ਹਨ । ਹੇ ਰਾਮ! ਤੂੰ ਸਮੁੰਦਰ ਹੈਂ । ਤੂੰ ਰਤਨਾਂ ਦੀ ਖਾਣ ਹੈਂ । ਹੇ ਪ੍ਰਭੂ! ਮੈਂ ਤੇਰੀ ਕਦਰ ਨਹੀਂ ਸਮਝ ਸਕੀ ।

ਹੇ ਮੇਰੇ ਮਾਲਕ! ਮੈਂ (ਤੇਰੇ ਗੁਣਾਂ ਦੀ) ਕਦਰ ਨਹੀਂ ਜਾਣਦੀ, ਤੂੰ ਵੱਡਾ ਸਿਆਣਾ ਹੈਂ (ਸਭ ਕੁਝ ਜਾਣਨ ਵਾਲਾ ਹੈਂ), (ਮੇਰੇ ਉੱਤੇ) ਮਿਹਰ ਕਰ । ਕਿਰਪਾ ਕਰ, ਮੈਨੂੰ ਅਜਿਹੀ ਸਮਝ ਬਖ਼ਸ਼ ਕਿ ਅੱਠੇ ਪਹਰ ਮੈਂ ਤੇਰਾ ਸਿਮਰਨ ਕਰਦੀ ਰਹਾਂ ।

ਹੇ ਜਿੰਦੇ! ਅਹੰਕਾਰ ਨਹੀਂ ਕਰਨਾ ਚਾਹੀਦਾ, (ਸਭ ਦੇ) ਚਰਨਾਂ ਦੀ ਧੂੜ ਬਣੇ ਰਹਿਣਾ ਚਾਹੀਦਾ ਹੈ, ਤਾਂ ਹੀ ਤੇਰੀ ਉੱਚੀ ਆਤਮਕ ਅਵਸਥਾ ਬਣ ਸਕੇਗੀ ।

ਹੇ ਨਾਨਕ! (ਆਖ—) ਮੇਰਾ ਮਾਲਕ ਪ੍ਰਭੂ ਸਭ ਦੇ ਸਿਰ ਉੱਤੇ ਹੈ । ਮੇਰੇ ਜਿਹੀਆਂ (ਉਸ ਦੇ ਦਰ ਤੇ) ਅਨੇਕਾਂ ਦਾਸੀਆਂ ਹਨ ।੧।

ਤੁਮ੍ ਗਉਹਰ ਅਤਿ ਗਹਿਰ ਗੰਭੀਰਾ ਤੁਮ ਪਿਰ ਹਮ ਬਹੁਰੀਆ ਰਾਮ ॥ ਤੁਮ ਵਡੇ ਵਡੇ ਵਡ ਊਚੇ ਹਉ ਇਤਨੀਕ ਲਹੁਰੀਆ ਰਾਮ ॥ ਹਉ ਕਿਛੁ ਨਾਹੀ ਏਕੋ ਤੂ ਹੈ ਆਪੇ ਆਪਿ ਸੁਜਾਨਾ ॥ ਅੰਮ੍ਰਿਤ ਦ੍ਰਿਸਟਿ ਨਿਮਖ ਪ੍ਰਭ ਜੀਵਾ ਸਰਬ ਰੰਗ ਰਸ ਮਾਨਾ ॥ ਚਰਣਹ ਸਰਨੀ ਦਾਸਹ ਦਾਸੀ ਮਨਿ ਮਉਲੈ ਤਨੁ ਹਰੀਆ ॥ ਨਾਨਕ ਠਾਕੁਰੁ ਸਰਬ ਸਮਾਣਾ ਆਪਨ ਭਾਵਨ ਕਰੀਆ ॥੨॥ {ਪੰਨਾ ੭੭੯}

ਪਦ ਅਰਥ :—ਗਉਹਰ—(ਬਹੁਤ ਹੀ ਕੀਮਤੀ) ਮੋਤੀ । ਗਹਿਰਾ—ਡੂੰਘੀ, ਅਥਾਹ (ਸਮੁੰਦਰ) । ਗੰਭੀਰਾ—ਵੱਡੇ ਜਿਗਰੇ ਵਾਲਾ । ਪਿਰ—ਖਸਮ । ਹਮ—ਅਸੀ ਜੀਵ । ਬਹੁਰੀਆ—ਵਹੁਟੀਆਂ । ਲਹੁਰੀਆ—ਛੋਟੀ । ਇਤਨੀਕ—ਬਹੁਤ ਹੀ ਛੋਟੀ । ਹਉ—ਹਉਂ, ਮੈਂ । ਆਪੇ—ਆਪ ਹੀ । ਸੁਜਾਨਾ—ਸਿਆਣਾ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਦ੍ਰਿਸਟਿ—ਨਿਗਾਹ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ । ਪ੍ਰਭ—ਹੇ ਪ੍ਰਭੂ! ਜੀਵਾ—ਜੀਵਾਂ, ਮੈਂ ਜੀਉ ਪੈਂਦੀ ਹਾਂ । ਮਾਨਾ—ਮਾਣ ਲਏ । ਮਨਿ ਮਉਲੈ—ਮਨ ਖਿੜ ਪਿਆਂ । ਹਰੀਆ—ਹਰਾ-ਭਰਾ । ਭਾਵਨ—ਮਰਜ਼ੀ ।੨।

ਅਰਥ :—ਹੇ ਪ੍ਰਭੂ! ਤੂੰ ਇਕ (ਅਣਮੁੱਲਾ) ਮੋਤੀ ਹੈਂ, ਤੂੰ ਅਥਾਹ (ਸਮੁੰਦਰ) ਹੈਂ, ਤੂੰ ਬੜੇ ਵੱਡੇ ਜਿਗਰੇ ਵਾਲਾ ਹੈਂ, ਤੂੰ (ਸਾਡਾ) ਖਸਮ ਹੈਂ, ਅਸੀ ਜੀਵ ਤੇਰੀਆਂ ਵਹੁਟੀਆਂ ਹਾਂ । ਤੂੰ ਬੇਅੰਤ ਵੱਡਾ ਹੈਂ, ਤੂੰ ਬੇਅੰਤ ਉੱਚਾ ਹੈਂ । ਮੈਂ ਬਹੁਤ ਹੀ ਛੋਟੀ ਜਿਹੀ ਹਸਤੀ ਵਾਲੀ ਹਾਂ ।

ਹੇ ਭਾਈ! ਮੇਰੀ ਕੁਝ ਭੀ ਪਾਂਇਆਂ ਨਹੀਂ ਹੈ, ਇਕ ਤੂੰ ਹੀ ਤੂੰ ਹੈਂ, ਤੂੰ ਆਪ ਹੀ ਆਪ ਸਭ ਕੁਝ ਜਾਣਨ ਵਾਲਾ ਹੈਂ । ਹੇ ਪ੍ਰਭੂ! ਅੱਖ ਝਮਕਣ ਜਿਤਨੇ ਸਮੇ ਵਾਸਤੇ ਮਿਲੀ ਤੇਰੀ ਅੰਮ੍ਰਿਤ ਦ੍ਰਿਸ਼ਟੀ ਨਾਲ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ (ਇਉਂ ਹੁੰਦਾ ਹੈ ਜਿਵੇਂ) ਮੈਂ ਸਾਰੇ ਰੰਗ ਰਸ ਮਾਣ ਲਏ ਹਨ । ਮੈਂ ਤੇਰੇ ਚਰਨਾਂ ਦੀ ਸਰਨ ਲਈ ਹੈ, ਮੈਂ ਤੇਰੇ ਦਾਸਾਂ ਦੀ ਦਾਸੀ ਹਾਂ (ਆਤਮਕ ਜੀਵਨ ਦੇਣ ਵਾਲੀ ਤੇਰੀ ਨਿਗਾਹ ਦੀ ਬਰਕਤਿ ਨਾਲ) ਜਦੋਂ ਮੇਰਾ ਮਨ ਖਿੜ ਆਉਂਦਾ ਹੈ, ਮੇਰਾ ਸਰੀਰ (ਭੀ) ਹਰਾ-ਭਰਾ ਹੋ ਜਾਂਦਾ ਹੈ ।

ਹੇ ਨਾਨਕ! (ਆਖ—ਹੇ ਭਾਈ!) ਮਾਲਕ-ਪ੍ਰਭੂ ਸਭ ਜੀਵਾਂ ਵਿਚ ਸਮਾ ਰਿਹਾ ਹੈ, ਉਹ (ਹਰ ਵੇਲੇ ਹਰ ਥਾਂ) ਆਪਣੀ ਮਰਜ਼ੀ ਕਰਦਾ ਹੈ ।੨।

ਤੁਝੁ ਊਪਰਿ ਮੇਰਾ ਹੈ ਮਾਣਾ ਤੂ ਹੈ ਮੇਰਾ ਤਾਣਾ ਰਾਮ ॥ ਸੁਰਤਿ ਮਤਿ ਚਤੁਰਾਈ ਤੇਰੀ ਤੂ ਜਾਣਾਇਹਿ ਜਾਣਾ ਰਾਮ ॥ ਸੋਈ ਜਾਣੈ ਸੋਈ ਪਛਾਣੈ ਜਾ ਕਉ ਨਦਰਿ ਸਿਰੰਦੇ ॥ ਮਨਮੁਖਿ ਭੂਲੀ ਬਹੁਤੀ ਰਾਹੀ ਫਾਥੀ ਮਾਇਆ ਫੰਦੇ ॥ ਠਾਕੁਰ ਭਾਣੀ ਸਾ ਗੁਣਵੰਤੀ ਤਿਨ ਹੀ ਸਭ ਰੰਗ ਮਾਣਾ ॥ ਨਾਨਕ ਕੀ ਧਰ ਤੂ ਹੈ ਠਾਕੁਰ ਤੂ ਨਾਨਕ ਕਾ ਮਾਣਾ ॥੩॥ {ਪੰਨਾ ੭੭੯}

ਪਦ ਅਰਥ :—ਮਾਣਾ—ਫ਼ਖ਼ਰ । ਤਾਣਾ—ਤਾਣ, ਬਲ, ਸਹਾਰਾ । ਮਤਿ—ਅਕਲ । ਸੁਰਤਿ—ਸੂਝ । ਜਾਣਾਇਹਿ—(ਜੋ ਕੁਝ) ਤੂੰ ਸਮਝਾਂਦਾ ਹੈਂ । ਜਾਣਾ—ਜਾਣਾਂ, ਮੈਂ ਸਮਝਦਾ ਹਾਂ । ਸੋਈ—ਉਹੀ ਮਨੁੱਖ । ਜਾ ਕਉ—ਜਿਸ ਉੱਤੇ । ਨਦਰਿ—ਮਿਹਰ ਦੀ ਨਿਗਾਹ । ਸਿਰੰਦੇ—ਸਿਰਜਣਹਾਰ ਦੀ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ । ਭੂਲੀ—ਸਹੀ ਜੀਵਨ ਵਲੋਂ ਖੁੰਝੀ ਹੋਈ । ਰਾਹੀ—ਰਾਹੀਂ, ਰਾਹਾਂ ਵਿਚ । ਫੰਦੇ—ਫਾਹੀ ਵਿਚ । ਭਾਣੀ—ਚੰਗੀ ਲੱਗੀ । ਤਿਨ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ 'ਿ' ਉੱਡ ਗਈ ਹੈ} ਉਸ ਨੇ ਹੀ । ਧਰ—ਆਸਰਾ । ਠਾਕੁਰ—ਹੇ ਠਾਕੁਰ! ।੩।

ਅਰਥ :—ਹੇ ਰਾਮ! ਮੇਰਾ ਮਾਣ ਤੇਰੇ ਉੱਤੇ ਹੀ ਹੈ, ਤੂੰ ਹੀ ਮੇਰਾ ਆਸਰਾ ਹੈਂ । (ਜਿਹੜੀ ਭੀ ਕੋਈ) ਸੂਝ, ਅਕਲ, ਸਿਆਣਪ (ਮੇਰੇ ਅੰਦਰ ਹੈ, ਉਹ) ਤੇਰੀ (ਬਖ਼ਸ਼ੀ ਹੋਈ ਹੈ) ਜੋ ਕੁਝ ਤੂੰ ਮੈਨੂੰ ਸਮਝਾਂਦਾ ਹੈਂ, ਉਹੀ ਮੈਂ ਸਮਝਦਾ ਹਾਂ ।

ਹੇ ਭਾਈ! ਉਹੀ ਮਨੁੱਖ (ਸਹੀ ਜੀਵਨ ਨੂੰ) ਸਮਝਦਾ ਪਛਾਣਦਾ ਹੈ, ਜਿਸ ਉਤੇ ਸਿਰਜਣਹਾਰ ਦੀ ਮਿਹਰ ਦੀ ਨਿਗਾਹ ਹੁੰਦੀ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਅਨੇਕਾਂ ਹੋਰ ਹੋਰ ਰਸਤਿਆਂ ਵਿਚ ਪੈ ਕੇ (ਸਹੀ ਜੀਵਨ ਵਲੋਂ) ਖੁੰਝੀ ਰਹਿੰਦੀ ਹੈ, ਮਾਇਆ ਦੀਆਂ ਫਾਹੀਆਂ ਵਿਚ ਫਸੀ ਰਹਿੰਦੀ ਹੈ । ਜਿਹੜੀ ਜੀਵ-ਇਸਤ੍ਰੀ ਮਾਲਕ-ਪ੍ਰਭੂ ਨੂੰ ਚੰਗੀ ਲੱਗਦੀ ਹੈ, ਉਹ ਗੁਣਾਂ ਵਾਲੀ ਹੋ ਜਾਂਦੀ ਹੈ, ਉਸ ਨੇ ਹੀ ਸਾਰੇ ਆਤਮਕ ਆਨੰਦ ਮਾਣੇ ਹਨ ।

ਹੇ ਠਾਕੁਰ! ਨਾਨਕ ਦਾ ਸਹਾਰਾ ਤੂੰ ਹੀ ਹੈਂ, ਨਾਨਕ ਦਾ ਮਾਣ ਤੂੰ ਹੀ ਹੈਂ ।੩।

ਹਉ ਵਾਰੀ ਵੰਞਾ ਘੋਲੀ ਵੰਞਾ ਤੂ ਪਰਬਤੁ ਮੇਰਾ ਓਲ੍ਹਾ ਰਾਮ ॥ ਹਉ ਬਲਿ ਜਾਈ ਲਖ ਲਖ ਲਖ ਬਰੀਆ ਜਿਨਿ ਭ੍ਰਮੁ ਪਰਦਾ ਖੋਲ੍ਹਾ ਰਾਮ ॥ ਮਿਟੇ ਅੰਧਾਰੇ ਤਜੇ ਬਿਕਾਰੇ ਠਾਕੁਰ ਸਿਉ ਮਨੁ ਮਾਨਾ ॥ ਪ੍ਰਭ ਜੀ ਭਾਣੀ ਭਈ ਨਿਕਾਣੀ ਸਫਲ ਜਨਮੁ ਪਰਵਾਨਾ ॥ ਭਈ ਅਮੋਲੀ ਭਾਰਾ ਤੋਲੀ ਮੁਕਤਿ ਜੁਗਤਿ ਦਰੁ ਖੋਲ੍ਹਾ ॥ ਕਹੁ ਨਾਨਕ ਹਉ ਨਿਰਭਉ ਹੋਈ ਸੋ ਪ੍ਰਭੁ ਮੇਰਾ ਓਲ੍ਹਾ ॥੪॥੧॥੪॥ {ਪੰਨਾ ੭੭੯-੭੮੦}

ਪਦ ਅਰਥ :—ਹਉ—ਹਉਂ, ਮੈਂ । ਵਾਰੀ ਵੰਞਾ—ਵਾਰੀ ਵੰਞਾਂ, ਮੈਂ ਕੁਰਬਾਨ ਜਾਂਦੀ ਹਾਂ । ਘੋਲੀ—ਸਦਕੇ । ਓਲ੍ਹਾ—ਪਰਦਾ । ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦੀ ਹਾਂ । ਬਰੀਆ—ਵਾਰੀ । ਜਿਨਿ—ਜਿਸ ਨੇ । ਭ੍ਰਮੁ—ਭਟਕਣਾ । ਤਜੇ—ਤਿਆਗ ਦਿੱਤੇ । ਸਿਉ—ਨਾਲ । ਮਾਨਾ—ਮੰਨ ਗਿਆ, ਗਿੱਝ ਗਿਆ । ਪ੍ਰਭ ਭਾਣੀ—ਪ੍ਰਭੂ ਨੂੰ ਚੰਗੀ ਲੱਗੀ । ਨਿਕਾਣੀ—ਬੇ-ਮੁਥਾਜ । ਭਾਰਾ ਤੋਲੀ—ਭਾਰੇ ਤੋਲ ਵਾਲੀ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਜੁਗਤਿ—ਜੀਊਣ ਦੀ ਜਾਚ । ਦਰੁ—ਦਰਵਾਜ਼ਾ ।੪।

ਅਰਥ :—ਹੇ ਪ੍ਰਭੂ! ਮੇਰੇ ਵਾਸਤੇ ਤੂੰ ਪਹਾੜ (ਜੇਡਾ) ਓਲ੍ਹਾ ਹੈਂ, ਮੈਂ ਤੈਥੋਂ ਸਦਕੇ ਕੁਰਬਾਨ ਜਾਂਦੀ ਹਾਂ । ਮੈਂ ਤੈਥੋਂ ਲੱਖਾਂ ਵਾਰੀ ਸਦਕੇ ਜਾਂਦੀ ਹਾਂ, ਜਿਸ ਨੇ (ਮੇਰੇ ਅੰਦਰੋਂ) ਭਟਕਣਾ ਵਾਲੀ ਵਿੱਥ ਮਿਟਾ ਦਿੱਤੀ ਹੈ ।

ਹੇ ਭਾਈ! ਜਿਸ ਜੀਵ-ਇਸਤ੍ਰੀ ਦਾ ਮਨ ਮਾਲਕ-ਪ੍ਰਭੂ ਨਾਲ ਗਿੱਝ ਜਾਂਦਾ ਹੈ, ਉਹ ਸਾਰੇ ਵਿਕਾਰ ਤਿਆਗ ਦੇਂਦੀ ਹੈ, (ਉਸ ਦੇ ਅੰਦਰੋਂ ਮਾਇਆ ਦੇ ਮੋਹ ਵਾਲੇ) ਹਨੇਰੇ ਦੂਰ ਹੋ ਜਾਂਦੇ ਹਨ । (ਜੇਹੜੀ ਜੀਵ-ਇਸਤ੍ਰੀ) ਪ੍ਰਭੂ ਨੂੰ ਚੰਗੀ ਲੱਗਣ ਲੱਗ ਪੈਂਦੀ ਹੈ, ਉਹ (ਦੁਨੀਆ ਵਲੋਂ) ਬੇ-ਮੁਥਾਜ ਹੋ ਜਾਂਦੀ ਹੈ, ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ, ਉਹ ਪ੍ਰਭੂ-ਦਰ ਤੇ ਕਬੂਲ ਹੋ ਜਾਂਦੀ ਹੈ । ਉਸ ਦੀ ਜ਼ਿੰਦਗੀ ਬਹੁਤ ਹੀ ਕੀਮਤੀ ਹੋ ਜਾਂਦੀ ਹੈ, ਭਾਰੇ ਤੋਲ ਵਾਲੀ ਹੋ ਜਾਂਦੀ ਹੈ, ਉਸ ਵਾਸਤੇ ਉਹ ਦਰਵਾਜ਼ਾ ਖੁਲ੍ਹ ਜਾਂਦਾ ਹੈ ਜਿੱਥੇ ਉਸ ਨੂੰ ਵਿਕਾਰਾਂ ਵਲੋਂ ਖ਼ਲਾਸੀ ਮਿਲ ਜਾਂਦੀ ਹੈ ਅਤੇ ਸਹੀ ਜੀਵਨ ਦੀ ਜਾਚ ਆ ਜਾਂਦੀ ਹੈ ।

ਹੇ ਨਾਨਕ! ਜਦੋਂ ਤੋਂ ਉਹ ਪ੍ਰਭੂ ਮੇਰਾ ਸਹਾਰਾ ਬਣ ਗਿਆ ਹੈ, ਮੈਂ (ਵਿਕਾਰਾਂ ਮਾਇਆ ਦੇ ਹੱਲਿਆਂ ਵਲੋਂ) ਨਿਡਰ ਹੋ ਗਈ ਹਾਂ ।੪।੧।੪।

ਸੂਹੀ ਮਹਲਾ ੫ ॥ ਸਾਜਨੁ ਪੁਰਖੁ ਸਤਿਗੁਰੁ ਮੇਰਾ ਪੂਰਾ ਤਿਸੁ ਬਿਨੁ ਅਵਰੁ ਨ ਜਾਣਾ ਰਾਮ ॥ ਮਾਤ ਪਿਤਾ ਭਾਈ ਸੁਤ ਬੰਧਪ ਜੀਅ ਪ੍ਰਾਣ ਮਨਿ ਭਾਣਾ ਰਾਮ ॥ ਜੀਉ ਪਿੰਡੁ ਸਭੁ ਤਿਸ ਕਾ ਦੀਆ ਸਰਬ ਗੁਣਾ ਭਰਪੂਰੇ ॥ ਅੰਤਰਜਾਮੀ ਸੋ ਪ੍ਰਭੁ ਮੇਰਾ ਸਰਬ ਰਹਿਆ ਭਰਪੂਰੇ ॥ ਤਾ ਕੀ ਸਰਣਿ ਸਰਬ ਸੁਖ ਪਾਏ ਹੋਏ ਸਰਬ ਕਲਿਆਣਾ ॥ ਸਦਾ ਸਦਾ ਪ੍ਰਭ ਕਉ ਬਲਿਹਾਰੈ ਨਾਨਕ ਸਦ ਕੁਰਬਾਣਾ ॥੧॥ {ਪੰਨਾ ੭੮੦}

ਪਦ ਅਰਥ :—ਨ ਜਾਣਾ—ਨਾ ਜਾਣਾਂ, ਮੈਂ ਨਹੀਂ ਜਾਣਦਾ । ਸੁਤ—ਪੁੱਤਰ । ਬੰਧਪ—ਸਨਬੰਧੀ । ਜੀਅ—ਜਿੰਦ । ਮਨਿ—ਮਨ ਵਿਚ । ਭਾਣਾ—ਪਿਆਰਾ ਲੱਗਦਾ ਹੈ ।

ਜੀਉ—ਜਿੰਦ । ਪਿੰਡੁ—ਸਰੀਰ । ਤਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ (ਪਰਮਾਤਮਾ) ਦਾ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਸਰਬ—ਸਭ ਜੀਵਾਂ ਵਿਚ । ਤਾ ਕੀ—ਉਸ ਪ੍ਰਭੂ ਦੀ । ਕਲਿਆਣਾ—ਸੁਖ, ਆਨੰਦ । ਕਉ—ਨੂੰ, ਤੋਂ । ਸਦ—ਸਦਾ ।੧।

ਅਰਥ :—ਹੇ ਭਾਈ! ਗੁਰੂ ਮਹਾ ਪੁਰਖ ਹੀ ਮੇਰਾ (ਅਸਲ) ਸੱਜਣ ਹੈ, ਉਸ (ਗੁਰੂ) ਤੋਂ ਬਿਨਾ ਮੈਂ ਕਿਸੇ ਹੋਰ ਨੂੰ ਨਹੀਂ ਜਾਣਦਾ (ਜੋ ਮੈਨੂੰ ਪਰਮਾਤਮਾ ਦੀ ਸੂਝ ਦੇ ਸਕੇ) । ਹੇ ਭਾਈ! (ਗੁਰੂ ਮੈਨੂੰ) ਮਨ ਵਿਚ (ਇਉਂ) ਪਿਆਰਾ ਲੱਗ ਰਿਹਾ ਹੈ (ਜਿਵੇਂ) ਮਾਂ, ਪਿਉ, ਪੁੱਤਰ, ਸਨਬੰਧੀ, ਜਿੰਦ, ਪ੍ਰਾਣ (ਪਿਆਰੇ ਲੱਗਦੇ ਹਨ) ।

ਹੇ ਭਾਈ! (ਗੁਰੂ ਨੇ ਹੀ ਇਹ ਸੂਝ ਬਖ਼ਸ਼ੀ ਹੈ ਕਿ) ਜਿੰਦ ਸਰੀਰ ਸਭ ਕੁਝ ਉਸ (ਪਰਮਾਤਮਾ) ਦਾ ਦਿੱਤਾ ਹੋਇਆ ਹੈ, (ਉਹ ਪਰਮਾਤਮਾ) ਸਾਰੇ ਗੁਣਾਂ ਨਾਲ ਭਰਪੂਰ ਹੈ । (ਗੁਰੂ ਨੇ ਹੀ ਮਤਿ ਦਿੱਤੀ ਹੈ ਕਿ) ਹਰੇਕ ਦੇ ਦਿਲ ਦੀ ਜਾਣਨ ਵਾਲਾ ਮੇਰਾ ਉਹ ਪ੍ਰਭੂ ਸਭ ਥਾਈਂ ਵਿਆਪਕ ਹੈ । ਉਸ ਦੀ ਸਰਨ ਪਿਆਂ ਸਾਰੇ ਸੁਖ ਆਨੰਦ ਮਿਲਦੇ ਹਨ ।

ਹੇ ਨਾਨਕ! (ਆਖ—ਗੁਰੂ ਦੀ ਕਿਰਪਾ ਨਾਲ ਹੀ) ਮੈਂ ਪਰਮਾਤਮਾ ਤੋਂ ਸਦਾ ਹੀ ਸਦਾ ਹੀ ਸਦਾ ਹੀ ਸਦਕੇ ਕੁਰਬਾਨ ਜਾਂਦਾ ਹਾਂ ।੧।

ਐਸਾ ਗੁਰੁ ਵਡਭਾਗੀ ਪਾਈਐ ਜਿਤੁ ਮਿਲਿਐ ਪ੍ਰਭੁ ਜਾਪੈ ਰਾਮ ॥ ਜਨਮ ਜਨਮ ਕੇ ਕਿਲਵਿਖ ਉਤਰਹਿ ਹਰਿ ਸੰਤ ਧੂੜੀ ਨਿਤ ਨਾਪੈ ਰਾਮ ॥ ਹਰਿ ਧੂੜੀ ਨਾਈਐ ਪ੍ਰਭੂ ਧਿਆਈਐ ਬਾਹੁੜਿ ਜੋਨਿ ਨ ਆਈਐ ॥ ਗੁਰ ਚਰਣੀ ਲਾਗੇ ਭ੍ਰਮ ਭਉ ਭਾਗੇ ਮਨਿ ਚਿੰਦਿਆ ਫਲੁ ਪਾਈਐ ॥ ਹਰਿ ਗੁਣ ਨਿਤ ਗਾਏ ਨਾਮੁ ਧਿਆਏ ਫਿਰਿ ਸੋਗੁ ਨਾਹੀ ਸੰਤਾਪੈ ॥ ਨਾਨਕ ਸੋ ਪ੍ਰਭੁ ਜੀਅ ਕਾ ਦਾਤਾ ਪੂਰਾ ਜਿਸੁ ਪਰਤਾਪੈ ॥੨॥ {ਪੰਨਾ ੭੮੦}

ਪਦ ਅਰਥ :—ਵਡਭਾਗੀ—ਵੱਡੇ ਭਾਗਾਂ ਨਾਲ । ਪਾਈਐ—ਮਿਲਦਾ ਹੈ । ਜਿਤੁ—ਜਿਸ ਦੀ ਰਾਹੀਂ । ਜਿਤੁ ਮਿਲਿਐ—ਜਿਸ (ਗੁਰੂ) ਦੇ ਮਿਲਿਆਂ । ਜਾਪੈ—ਸਮਝ ਵਿਚ ਆ ਜਾਂਦਾ ਹੈ । ਕਿਲਵਿਖ—ਪਾਪ (ਸਾਰੇ) । ਉਤਰਹਿ—ਲਹਿ ਜਾਂਦੇ ਹਨ {ਬਹੁ-ਵਚਨ} । ਨਾਪੈ—ਇਸ਼ਨਾਨ ਹੁੰਦਾ ਰਹਿੰਦਾ ਹੈ । ਨਾਈਐ—ਇਸ਼ਨਾਨ ਕਰ ਸਕੀਦਾ ਹੈ । ਧਿਆਈਐ—ਸਿਮਰਿਆ ਜਾ ਸਕਦਾ ਹੈ । ਬਾਹੁੜਿ—ਮੁੜ । ਲਾਗੇ—ਲਾਗਿ, ਲੱਗ ਕੇ । ਮਨਿ ਚਿੰਦਿਆ—ਮਨ ਵਿਚ ਚਿਤਾਰਿਆ ਹੋਇਆ । ਸੋਗੁ—ਗ਼ਮ । ਸੰਤਾਪੈ—ਦੁੱਖ-ਕਲੇਸ਼ । ਜੀਅ—ਜਿੰਦ, ਆਤਮਕ ਜੀਵਨ ।੨।

ਅਰਥ :—ਹੇ ਭਾਈ! ਅਜਿਹਾ ਗੁਰੂ ਵੱਡੇ ਭਾਗਾਂ ਨਾਲ ਮਿਲਦਾ ਹੈ, ਜਿਸ ਦੇ ਮਿਲਿਆਂ (ਹਿਰਦੇ ਵਿਚ) ਪਰਮਾਤਮਾ ਦੀ ਸੂਝ ਪੈਣ ਲੱਗ ਪੈਂਦੀ ਹੈ, ਅਨੇਕਾਂ ਜਨਮਾਂ ਦੇ (ਸਾਰੇ) ਪਾਪ ਦੂਰ ਹੋ ਜਾਂਦੇ ਹਨ, ਅਤੇ ਹਰੀ ਦੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ ਸਦਾ ਇਸ਼ਨਾਨ ਹੁੰਦਾ ਰਹਿੰਦਾ ਹੈ । (ਜਿਸ ਗੁਰੂ ਦੇ ਮਿਲਣ ਨਾਲ) ਪ੍ਰਭੂ ਦੇ ਸੰਤ ਜਨਾਂ ਦੀ ਚਰਨ-ਧੂੜ ਵਿਚ ਇਸ਼ਨਾਨ ਹੋ ਸਕਦਾ ਹੈ, ਪ੍ਰਭੂ ਦਾ ਸਿਮਰਨ ਹੋ ਸਕਦਾ ਹੈ ਅਤੇ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪਈਦਾ ।

ਹੇ ਭਾਈ! ਗੁਰੂ ਦੇ ਚਰਨੀਂ ਲੱਗ ਕੇ ਭਰਮ ਡਰ ਨਾਸ ਹੋ ਜਾਂਦੇ ਹਨ, ਮਨ ਵਿਚ ਚਿਤਾਰਿਆ ਹੋਇਆ ਹਰੇਕ ਫਲ ਪ੍ਰਾਪਤ ਹੋ ਜਾਂਦਾ ਹੈ । (ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੇ) ਸਦਾ ਪਰਮਾਤਮਾ ਦੇ ਗੁਣ ਗਾਏ ਹਨ; ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਨੂੰ ਫਿਰ ਕੋਈ ਗ਼ਮ ਕੋਈ ਦੁੱਖ-ਕਲੇਸ਼ ਪੋਹ ਨਹੀਂ

ਸਕਦਾ ।

ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਹੀ ਸਮਝ ਪੈਂਦੀ ਹੈ ਕਿ) ਜਿਸ ਪਰਮਾਤਮਾ ਦਾ ਪੂਰਾ ਪਰਤਾਪ ਹੈ, ਉਹੀ ਜਿੰਦ ਦੇਣ ਵਾਲਾ ਹੈ ।੨।

ਹਰਿ ਹਰੇ ਹਰਿ ਗੁਣਨਿਧੇ ਹਰਿ ਸੰਤਨ ਕੈ ਵਸਿ ਆਏ ਰਾਮ ॥ ਸੰਤ ਚਰਣ ਗੁਰ ਸੇਵਾ ਲਾਗੇ ਤਿਨੀ ਪਰਮ ਪਦ ਪਾਏ ਰਾਮ ॥ ਪਰਮ ਪਦੁ ਪਾਇਆ ਆਪੁ ਮਿਟਾਇਆ ਹਰਿ ਪੂਰਨ ਕਿਰਪਾ ਧਾਰੀ ॥ ਸਫਲ ਜਨਮੁ ਹੋਆ ਭਉ ਭਾਗਾ ਹਰਿ ਭੇਟਿਆ ਏਕੁ ਮੁਰਾਰੀ ॥ ਜਿਸ ਕਾ ਸਾ ਤਿਨ ਹੀ ਮੇਲਿ ਲੀਆ ਜੋਤੀ ਜੋਤਿ ਸਮਾਇਆ ॥ ਨਾਨਕ ਨਾਮੁ ਨਿਰੰਜਨ ਜਪੀਐ ਮਿਲਿ ਸਤਿਗੁਰ ਸੁਖੁ ਪਾਇਆ ॥੩॥ {ਪੰਨਾ ੭੮੦}

ਪਦ ਅਰਥ :—ਗੁਣਨਿਧੇ—ਗੁਣਾਂ ਦਾ ਖ਼ਜ਼ਾਨਾ । ਕੈ ਵਸਿ—ਦੇ ਵੱਸ ਵਿਚ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਆਪੁ—ਆਪਾ-ਭਾਵ । ਸਫਲ—ਕਾਮਯਾਬ । ਭਉ—(ਹਰੇਕ) ਡਰ । ਭੇਟਿਆ—ਮਿਲਿਆ । ਮੁਰਾਰੀ—{ਮੁਰ-ਅਰਿ । ਅਰਿ—ਵੈਰੀ} ਪਰਮਾਤਮਾ । ਜਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} । ਸਾ—ਸੀ, ਪੈਦਾ ਕੀਤਾ ਸੀ । ਤਿਨ ਹੀ—(ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ 'ਿ' ਉੱਡ ਗਈ ਹੈ} ਤਿਨਿ ਹੀ, ਉਸ ਨੇ ਹੀ । ਨਾਮੁ ਨਿਰੰਜਨ—ਨਿਰੰਜਨ ਦਾ ਨਾਮ । ਨਿਰੰਜਨ—{ਨਿਰ-ਅੰਜਨ । ਅੰਜਨ—ਮਾਇਆ ਦੇ ਮੋਹ ਦੀ ਕਾਲਖ} ਨਿਰਲੇਪ । ਮਿਲਿ—ਮਿਲ ਕੇ ।੩।

ਅਰਥ :—ਹੇ ਭਾਈ! ਸਾਰੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਸੰਤ ਜਨਾਂ ਦੇ (ਪਿਆਰ ਦੇ) ਵੱਸ ਵਿਚ ਟਿਕਿਆ ਰਹਿੰਦਾ ਹੈ । ਜਿਹੜੇ ਮਨੁੱਖ ਸੰਤ ਜਨਾਂ ਦੀ ਚਰਨੀਂ ਪੈ ਕੇ ਗੁਰੂ ਦੀ ਸੇਵਾ ਵਿਚ ਲੱਗੇ, ਉਹਨਾਂ ਨੇ ਸਭ ਤੋਂ ਉੱਚੇ ਆਤਮਕ ਦਰਜੇ ਪ੍ਰਾਪਤ ਕਰ ਲਏ ।

ਹੇ ਭਾਈ! ਜਿਸ ਮਨੁੱਖ ਉੱਤੇ ਪੂਰਨ ਪ੍ਰਭੂ ਨੇ ਮਿਹਰ ਕੀਤੀ, (ਉਸ ਨੇ ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲਿਆ, ਉਸ ਨੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ । ਉਸ ਦੀ ਜ਼ਿੰਦਗੀ ਕਾਮਯਾਬ ਹੋ ਗਈ, ਉਸ ਦਾ (ਹਰੇਕ) ਡਰ ਦੂਰ ਹੋ ਗਿਆ, ਉਸ ਨੂੰ ਉਹ ਪਰਮਾਤਮਾ ਮਿਲ ਪਿਆ ਜੋ ਇਕ ਆਪ ਹੀ ਆਪ ਹੈ । ਜਿਸ ਪਰਮਾਤਮਾ ਦਾ ਉਹ ਪੈਦਾ ਕੀਤਾ ਹੋਇਆ ਸੀ, ਉਸ ਨੇ ਹੀ (ਉਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲਿਆ, ਉਸ ਮਨੁੱਖ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਇਕ-ਮਿਕ ਹੋ ਗਈ ।

ਹੇ ਨਾਨਕ! ਨਿਰਲੇਪ ਪ੍ਰਭੂ ਦਾ ਨਾਮ (ਸਦਾ) ਜਪਣਾ ਚਾਹੀਦਾ ਹੈ, (ਜਿਸ ਨੇ) ਗੁਰੂ ਨੂੰ ਮਿਲ ਕੇ (ਨਾਮ ਜਪਿਆ, ਉਸ ਨੇ) ਆਤਮਕ ਆਨੰਦ ਪ੍ਰਾਪਤ ਕਰ ਲਿਆ ।੩।

ਗਾਉ ਮੰਗਲੋ ਨਿਤ ਹਰਿ ਜਨਹੁ ਪੁੰਨੀ ਇਛ ਸਬਾਈ ਰਾਮ ॥ ਰੰਗਿ ਰਤੇ ਅਪੁਨੇ ਸੁਆਮੀ ਸੇਤੀ ਮਰੈ ਨ ਆਵੈ ਜਾਈ ਰਾਮ ॥ ਅਬਿਨਾਸੀ ਪਾਇਆ ਨਾਮੁ ਧਿਆਇਆ ਸਗਲ ਮਨੋਰਥ ਪਾਏ ॥ ਸਾਂਤਿ ਸਹਜ ਆਨੰਦ ਘਨੇਰੇ ਗੁਰ ਚਰਣੀ ਮਨੁ ਲਾਏ ॥ ਪੂਰਿ ਰਹਿਆ ਘਟਿ ਘਟਿ ਅਬਿਨਾਸੀ ਥਾਨ ਥਨੰਤਰਿ ਸਾਈ ॥ ਕਹੁ ਨਾਨਕ ਕਾਰਜ ਸਗਲੇ ਪੂਰੇ ਗੁਰ ਚਰਣੀ ਮਨੁ ਲਾਈ ॥੪॥੨॥੫॥ {ਪੰਨਾ ੭੮੦}

ਪਦ ਅਰਥ :—ਮੰਗਲੋ—ਮੰਗਲੁ, ਖ਼ੁਸ਼ੀ ਦਾ ਗੀਤ, ਸਿਫ਼ਤਿ-ਸਾਲਾਹ ਦਾ ਗੀਤ । ਹਰਿ ਜਨਹੁ—ਹੇ ਸੰਤ ਜਨੋ! ਪੁੰਨੀ—ਪੂਰੀ ਹੋ ਜਾਂਦੀ ਹੈ । ਇਛ—ਇੱਛਾ, ਲੋੜ । ਸਬਾਈ—ਸਾਰੀ । ਰੰਗਿ—ਪ੍ਰੇਮ-ਰੰਗ ਵਿਚ । ਸੇਤੀ—ਨਾਲ । ਨ ਆਵੈ ਜਾਈ—(ਜੋ) ਜੰਮਦਾ ਮਰਦਾ ਨਹੀਂ । ਅਬਿਨਾਸੀ—ਨਾਸ-ਰਹਿਤ । ਸਗਲ—ਸਾਰੇ । ਸਹਜ—ਆਤਮਕ ਅਡੋਲਤਾ । ਘਨੇਰੇ—ਬਹੁਤ । ਪੂਰਿ ਰਹਿਆ—ਵਿਆਪਕ ਹੈ । ਘਟਿ ਘਟਿ—ਹਰੇਕ ਸਰੀਰ ਵਿਚ । ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਨ ਵਿਚ । ਸਾਈ—ਉਹ (ਪ੍ਰਭੂ) ਹੀ । ਲਾਈ—ਲਾਇ, ਲਾ ਕੇ ।੪।

ਅਰਥ :—ਹੇ ਸੰਤ ਜਨੋ! ਸਦਾ (ਪਰਮਾਤਮਾ ਦੀ) ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰੋ, (ਸਿਫ਼ਤਿ-ਸਾਲਾਹ ਦੇ ਪਰਤਾਪ ਨਾਲ) ਹਰੇਕ ਮੁਰਾਦ ਪੂਰੀ ਹੋ ਜਾਂਦੀ ਹੈ । ਜਿਹੜਾ ਪ੍ਰਭੂ ਕਦੇ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ) ਉਸ ਮਾਲਕ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ ।

ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਉਸ ਨੇ ਨਾਸ-ਰਹਿਤ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਉਸ ਨੇ ਸਾਰੀਆਂ ਮੁਰਾਦਾਂ ਹਾਸਲ ਕਰ ਲਈਆਂ । ਹੇ ਭਾਈ! ਗੁਰੂ ਦੇ ਚਰਨਾਂ ਵਿਚ ਮਨ ਜੋੜ ਕੇ ਮਨੁੱਖ ਸ਼ਾਂਤੀ ਪ੍ਰਾਪਤ ਕਰਦਾ ਹੈ, ਆਤਮਕ ਅਡੋਲਤਾ ਦੇ ਅਨੇਕਾਂ ਆਨੰਦ ਮਾਣਦਾ ਹੈ ।

ਹੇ ਨਾਨਕ! ਆਖ—(ਹੇ ਭਾਈ!) ਗੁਰੂ ਦੇ ਚਰਨਾਂ ਵਿਚ ਮਨ ਲਾ ਕੇ ਸਾਰੇ ਕੰਮ ਸਫਲ ਜੋ ਜਾਂਦੇ ਹਨ, (ਸਿਮਰਨ ਦੀ ਬਰਕਤਿ ਨਾਲ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਨਾਸ-ਰਹਿਤ ਪਰਮਾਤਮਾ ਹੀ ਹਰੇਕ ਥਾਂ ਵਿਚ ਹਰੇਕ ਸਰੀਰ ਵਿਚ ਵਿਆਪ ਰਿਹਾ ਹੈ ।੪।੨।੫।

ਸੂਹੀ ਮਹਲਾ ੫ ॥ ਕਰਿ ਕਿਰਪਾ ਮੇਰੇ ਪ੍ਰੀਤਮ ਸੁਆਮੀ ਨੇਤ੍ਰ ਦੇਖਹਿ ਦਰਸੁ ਤੇਰਾ ਰਾਮ ॥ ਲਾਖ ਜਿਹਵਾ ਦੇਹੁ ਮੇਰੇ ਪਿਆਰੇ ਮੁਖੁ ਹਰਿ ਆਰਾਧੇ ਮੇਰਾ ਰਾਮ ॥ ਹਰਿ ਆਰਾਧੇ ਜਮ ਪੰਥੁ ਸਾਧੇ ਦੂਖੁ ਨ ਵਿਆਪੈ ਕੋਈ ॥ ਜਲਿ ਥਲਿ ਮਹੀਅਲਿ ਪੂਰਨ ਸੁਆਮੀ ਜਤ ਦੇਖਾ ਤਤ ਸੋਈ ॥ ਭਰਮ ਮੋਹ ਬਿਕਾਰ ਨਾਠੇ ਪ੍ਰਭੁ ਨੇਰ ਹੂ ਤੇ ਨੇਰਾ ॥ ਨਾਨਕ ਕਉ ਪ੍ਰਭ ਕਿਰਪਾ ਕੀਜੈ ਨੇਤ੍ਰ ਦੇਖਹਿ ਦਰਸੁ ਤੇਰਾ ॥੧॥ {ਪੰਨਾ ੭੮੦}

ਪਦ ਅਰਥ :—ਪ੍ਰੀਤਮ—ਹੇ ਪ੍ਰੀਤਮ! ਦੇਖਹਿ—ਵੇਖਦੇ ਰਹਿਣ । ਜਿਹਵਾ—ਜੀਭ । ਪਿਆਰੇ—ਹੇ ਪਿਆਰੇ! ਆਰਾਧੇ—ਜਪਦਾ ਰਹੇ । ਜਮ ਪੰਥੁ—ਜਮਰਾਜ ਦਾ ਰਸਤਾ । ਸਾਧੇ—ਜਿੱਤ ਲਏ । ਨ ਵਿਆਪੈ—ਜ਼ੋਰ ਨ ਪਾ ਸਕੇ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੀ ਤਹ ਉਤੇ, ਪੁਲਾੜ ਵਿਚ, ਆਕਾਸ਼ ਵਿਚ । ਜਤ—ਜਿੱਧਰ । ਦੇਖਾ—ਦੇਖਾਂ, ਮੈਂ ਵੇਖਾਂ । ਤਤ—ਉਧਰ ।੧।

ਅਰਥ :—ਹੇ ਮੇਰੇ ਪ੍ਰੀਤਮ! ਹੇ ਮੇਰੇ ਸੁਆਮੀ! ਮਿਹਰ ਕਰ, ਮੇਰੀਆਂ ਅੱਖਾਂ ਤੇਰਾ ਦਰਸਨ ਕਰਦੀਆਂ ਰਹਿਣ । ਹੇ ਮੇਰੇ ਪਿਆਰੇ! ਮੈਨੂੰ ਲੱਖ ਜੀਭਾਂ ਦੇਹ (ਮੇਰੀਆਂ ਜੀਭਾਂ ਤੇਰਾ ਨਾਮ ਜਪਦੀਆਂ ਰਹਿਣ । ਮਿਹਰ ਕਰ) ਮੇਰਾ ਮੂੰਹ ਤੇਰਾ ਹਰਿ-ਨਾਮ ਜਪਦਾ ਰਹੇ । (ਮੇਰਾ ਮੂੰਹ) ਤੇਰਾ ਨਾਮ ਜਪਦਾ ਰਹੇ, (ਜਿਸ ਨਾਲ) ਜਮਰਾਜ ਵਾਲਾ ਰਸਤਾ ਜਿੱਤਿਆ ਜਾ ਸਕੇ, ਅਤੇ ਕੋਈ ਭੀ ਦੁੱਖ (ਮੇਰੇ ਉਤੇ ਆਪਣਾ) ਜ਼ੋਰ ਨਾਹ ਪਾ ਸਕੇ । ਪਾਣੀ ਵਿਚ, ਧਰਤੀ ਵਿਚ, ਆਕਾਸ਼

ਵਿਚ ਵਿਆਪਕ ਹੇ ਸੁਆਮੀ! (ਮਿਹਰ ਕਰ) ਮੈਂ ਜਿੱਧਰ ਵੇਖਾਂ ਉਧਰ (ਮੈਨੂੰ) ਉਹ ਤੇਰਾ ਹੀ ਰੂਪ ਦਿੱਸੇ ।

ਹੇ ਭਾਈ! (ਹਰਿ-ਨਾਮ ਜਪਣ ਦੀ ਬਰਕਤਿ ਨਾਲ) ਸਾਰੇ ਭਰਮ, ਸਾਰੇ ਮੋਹ, ਸਾਰੇ ਵਿਕਾਰ ਨਾਸ ਹੋ ਜਾਂਦੇ ਹਨ, ਪਰਮਾਤਮਾ ਨੇੜੇ ਤੋਂ ਨੇੜੇ ਦਿੱਸਣ ਲੱਗ ਪੈਂਦਾ ਹੈ ।

ਹੇ ਪ੍ਰਭੂ! ਨਾਨਕ ਉੱਤੇ ਮਿਹਰ ਕਰ, (ਨਾਨਕ ਦੀਆਂ) ਅੱਖਾਂ (ਹਰ ਥਾਂ) ਤੇਰਾ ਹੀ ਦਰਸਨ ਕਰਦੀਆਂ ਰਹਿਣ ।੧।

ਕੋਟਿ ਕਰਨ ਦੀਜਹਿ ਪ੍ਰਭ ਪ੍ਰੀਤਮ ਹਰਿ ਗੁਣ ਸੁਣੀਅਹਿ ਅਬਿਨਾਸੀ ਰਾਮ ॥ ਸੁਣਿ ਸੁਣਿ ਇਹੁ ਮਨੁ ਨਿਰਮਲੁ ਹੋਵੈ ਕਟੀਐ ਕਾਲ ਕੀ ਫਾਸੀ ਰਾਮ ॥ ਕਟੀਐ ਜਮ ਫਾਸੀ ਸਿਮਰਿ ਅਬਿਨਾਸੀ ਸਗਲ ਮੰਗਲ ਸੁਗਿਆਨਾ ॥ ਹਰਿ ਹਰਿ ਜਪੁ ਜਪੀਐ ਦਿਨੁ ਰਾਤੀ ਲਾਗੈ ਸਹਜਿ ਧਿਆਨਾ ॥ ਕਲਮਲ ਦੁਖ ਜਾਰੇ ਪ੍ਰਭੂ ਚਿਤਾਰੇ ਮਨ ਕੀ ਦੁਰਮਤਿ ਨਾਸੀ ॥ ਕਹੁ ਨਾਨਕ ਪ੍ਰਭ ਕਿਰਪਾ ਕੀਜੈ ਹਰਿ ਗੁਣ ਸੁਣੀਅਹਿ ਅਵਿਨਾਸੀ ॥੨॥ {ਪੰਨਾ ੭੮੧}

ਪਦ ਅਰਥ :—ਕੋਟਿ ਕਰਨ—ਕ੍ਰੋੜਾਂ ਕੰਨ । ਦੀਜਹਿ—ਦਿੱਤੇ ਜਾਣ । ਪ੍ਰਭ—ਹੇ ਪ੍ਰਭੂ! ਸੁਣੀਅਹਿ—ਸੁਣੇ ਜਾ ਸਕਣ । ਸੁਣਿ—ਸੁਣ ਕੇ । ਨਿਰਮਲੁ—ਪਵਿੱਤਰ । ਕਟੀਐ—ਕੱਟੀ ਜਾਏ । ਸਿਮਰਿ—ਸਿਮਰ ਕੇ । ਮੰਗਲ—ਖ਼ੁਸ਼ੀ । ਸੁਗਿਆਨਾ—ਆਤਮਕ ਜੀਵਨ ਦੀ ਚੰਗੀ ਸੂਝ । ਜਪੀਐ—ਜਪਣਾ ਚਾਹੀਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਕਲਮਲ—ਪਾਪ । ਜਾਰੇ—ਸਾੜੇ ਜਾਂਦੇ ਹਨ । ਚਿਤਾਰੇ—ਚਿੱਤ ਵਿਚ ਵਸਾ ਕੇ । ਦੁਰਮਤਿ—ਖੋਟੀ ਮਤਿ । ਪ੍ਰਭ—ਹੇ ਪ੍ਰਭੂ! ।੨।

ਅਰਥ :—ਹੇ (ਮੇਰੇ) ਪ੍ਰੀਤਮ ਪ੍ਰਭੂ! ਹੇ ਅਬਿਨਾਸੀ ਹਰੀ! (ਜੇ ਮੈਨੂੰ) ਕ੍ਰੋੜਾਂ ਕੰਨ ਦਿੱਤੇ ਜਾਣ, ਤਾਂ (ਉਹਨਾਂ ਨਾਲ) ਤੇਰੇ ਗੁਣ ਸੁਣੇ ਜਾ ਸਕਣ ।

ਹੇ ਭਾਈ! (ਪਰਮਾਤਮਾ ਦੀ ਸਿਫ਼ਤਿ-ਸਾਲਾਹ) ਸੁਣ ਸੁਣ ਕੇ ਇਹ ਮਨ ਪਵਿੱਤਰ ਹੋ ਜਾਂਦਾ ਹੈ, ਅਤੇ (ਆਤਮਕ) ਮੌਤ ਦੀ ਫਾਹੀ ਕੱਟੀ ਜਾਂਦੀ ਹੈ । ਅਬਿਨਾਸੀ ਪ੍ਰਭੂ ਦਾ ਨਾਮ ਸਿਮਰ ਕੇ ਜਮ ਦੀ ਫਾਹੀ ਕੱਟੀ ਜਾਂਦੀ ਹੈ (ਅੰਤਰ ਆਤਮੇ) ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਜਾਂਦੀਆਂ ਹਨ, ਆਤਮਕ ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ । ਹੇ ਭਾਈ! ਦਿਨ ਰਾਤ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, (ਨਾਮ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਸੁਰਤਿ ਟਿਕੀ ਰਹਿੰਦੀ ਹੈ । ਪ੍ਰਭੂ ਦਾ ਨਾਮ ਚਿੱਤ ਵਿਚ ਵਸਾਇਆਂ ਸਾਰੇ ਪਾਪ ਸਾਰੇ ਦੁੱਖ ਸੜ ਜਾਂਦੇ ਹਨ, ਮਨ ਦੀ ਖੋਟੀ ਮਤਿ ਨਾਸ ਹੋ ਜਾਂਦੀ ਹੈ ।

ਹੇ ਨਾਨਕ! ਆਖ—ਹੇ ਪ੍ਰਭੂ! ਜੇ ਤੂੰ ਮਿਹਰ ਕਰੇਂ, ਤਾਂ ਤੇਰੇ ਗੁਣ (ਇਹਨਾਂ ਕੰਨਾਂ ਨਾਲ) ਸੁਣੇ ਜਾਣ ।੨।

ਕਰੋੜਿ ਹਸਤ ਤੇਰੀ ਟਹਲ ਕਮਾਵਹਿ ਚਰਣ ਚਲਹਿ ਪ੍ਰਭ ਮਾਰਗਿ ਰਾਮ ॥ ਭਵ ਸਾਗਰ ਨਾਵ ਹਰਿ ਸੇਵਾ ਜੋ ਚੜੈ ਤਿਸੁ ਤਾਰਗਿ ਰਾਮ ॥ ਭਵਜਲੁ ਤਰਿਆ ਹਰਿ ਹਰਿ ਸਿਮਰਿਆ ਸਗਲ ਮਨੋਰਥ ਪੂਰੇ ॥ ਮਹਾ ਬਿਕਾਰ ਗਏ ਸੁਖ ਉਪਜੇ ਬਾਜੇ ਅਨਹਦ ਤੂਰੇ ॥ ਮਨ ਬਾਂਛਤ ਫਲ ਪਾਏ ਸਗਲੇ ਕੁਦਰਤਿ ਕੀਮ ਅਪਾਰਗਿ ॥ ਕਹੁ ਨਾਨਕ ਪ੍ਰਭ ਕਿਰਪਾ ਕੀਜੈ ਮਨੁ ਸਦਾ ਚਲੈ ਤੇਰੈ ਮਾਰਗਿ ॥੩॥ {ਪੰਨਾ ੭੮੧}

ਪਦ ਅਰਥ :—ਹਸਤ—{ਹ੍ਸ੍ਤ} ਹੱਥ । ਕਮਾਵਹਿ—ਕਮਾ ਰਹੇ ਹਨ, ਕਰ ਰਹੇ ਹਨ । ਚਲਹਿ—ਤੁਰ ਰਹੇ ਹਨ । ਮਾਰਗਿ—ਰਸਤੇ ਉੱਤੇ । ਭਵ ਸਾਗਰ—ਸੰਸਾਰ-ਸਮੁੰਦਰ । ਨਾਵ—ਬੇੜੀ । ਸੇਵਾ—ਭਗਤੀ । ਤਿਸੁ—ਉਸ ਨੂੰ । ਤਾਰਗਿ—ਪਾਰ ਲੰਘਾ ਦੇਵੇਗੀ । ਭਵਜਲੁ—ਸੰਸਾਰ-ਸਮੁੰਦਰ । ਸਗਲੇ—ਸਾਰੇ । ਮਨੋਰਥ—ਮੁਰਾਦਾਂ । ਬਾਜੇ—ਵੱਜ ਪਏ । ਅਨਹਦ—ਇਕ-ਰਸ । ਤੂਰੇ—ਵਾਜੇ, ਨਰਸਿੰਘੇ । ਮਨ-ਬਾਂਛਤ—ਮਨ-ਮੰਗੇ । ਕੀਮ—ਕੀਮਤ । ਅਪਾਰਗਿ—ਅਪਾਰ, ਬੇਅੰਤ । ਪ੍ਰਭ—ਹੇ ਪ੍ਰਭੂ! ਤੇਰੈ ਮਾਰਗਿ—ਤੇਰੇ ਰਾਹ ਉਤੇ ।੩।

ਅਰਥ :—ਹੇ ਪ੍ਰਭੂ (ਜਿਨ੍ਹਾਂ ਉਤੇ ਤੇਰੀ ਮਿਹਰ ਹੁੰਦੀ ਹੈ ਉਹਨਾਂ ਜੀਵਾਂ ਦੇ) ਕ੍ਰੋੜਾਂ ਹੱਥ ਤੇਰੀ ਟਹਲ ਕਰ ਰਹੇ ਹਨ, (ਉਹਨਾਂ ਜੀਵਾਂ ਦੇ ਕ੍ਰੋੜਾਂ) ਪੈਰ ਤੇਰੇ ਰਸਤੇ ਉਤੇ ਤੁਰ ਰਹੇ ਹਨ ।

ਹੇ ਭਾਈ! ਸੰਸਾਰ-ਸਮੁੰਦਰ (ਤੋਂ ਪਾਰ ਲੰਘਣ ਲਈ) ਪਰਮਾਤਮਾ ਦੀ ਭਗਤੀ (ਜੀਵਾਂ ਵਾਸਤੇ) ਬੇੜੀ ਹੈ, ਜਿਹੜਾ ਜੀਵ (ਇਸ ਬੇੜੀ ਵਿਚ) ਸਵਾਰ ਹੁੰਦਾ ਹੈ, ਉਸ ਨੂੰ (ਪ੍ਰਭੂ) ਪਾਰ ਲੰਘਾ ਦੇਂਦਾ ਹੈ । ਜਿਸ ਨੇ ਭੀ ਪਰਮਾਤਮਾ ਦਾ ਨਾਮ ਸਿਮਰਿਆ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ, ਉਸ ਦੀਆਂ ਸਾਰੀਆਂ ਮੁਰਾਦਾਂ ਪ੍ਰਭੂ ਪੂਰੀਆਂ ਕਰ ਦੇਂਦਾ ਹੈ । (ਉਸ ਦੇ ਅੰਦਰੋਂ) ਵੱਡੇ ਵੱਡੇ ਵਿਕਾਰ ਦੂਰ ਹੋ ਜਾਂਦੇ ਹਨ (ਉਸ ਦੇ ਅੰਦਰ ਸੁਖ ਪੈਦਾ ਹੋ ਜਾਂਦੇ ਹਨ (ਮਾਨੋ) ਇਕ-ਰਸ ਵਾਜੇ ਵੱਜ ਪੈਂਦੇ ਹਨ । (ਉਸ ਮਨੁੱਖ ਨੇ) ਸਾਰੀਆਂ ਮਨ-ਮੰਗੀਆਂ ਮੁਰਾਦਾਂ ਹਾਸਲ ਕਰ ਲਈਆਂ । (ਹੇ ਪ੍ਰਭੂ!) ਤੇਰੀ ਇਸ ਕੁਦਰਤ ਦਾ ਮੁੱਲ ਨਹੀਂ ਪਾਇਆ ਜਾ ਸਕਦਾ ।

ਹੇ ਨਾਨਕ! ਆਖ—ਹੇ ਪ੍ਰਭੂ! (ਮੇਰੇ ਉਤੇ ਭੀ) ਮਿਹਰ ਕਰ, (ਮੇਰਾ) ਮਨ ਸਦਾ ਤੇਰੇ ਰਸਤੇ ਉੱਤੇ ਤੁਰਦਾ ਰਹੇ ।੩।

ਏਹੋ ਵਰੁ ਏਹਾ ਵਡਿਆਈ ਇਹੁ ਧਨੁ ਹੋਇ ਵਡਭਾਗਾ ਰਾਮ ॥ ਏਹੋ ਰੰਗੁ ਏਹੋ ਰਸ ਭੋਗਾ ਹਰਿ ਚਰਣੀ ਮਨੁ ਲਾਗਾ ਰਾਮ ॥ ਮਨੁ ਲਾਗਾ ਚਰਣੇ ਪ੍ਰਭ ਕੀ ਸਰਣੇ ਕਰਣ ਕਾਰਣ ਗੋਪਾਲਾ ॥ ਸਭੁ ਕਿਛੁ ਤੇਰਾ ਤੂ ਪ੍ਰਭੁ ਮੇਰਾ ਮੇਰੇ ਠਾਕੁਰ ਦੀਨ ਦਇਆਲਾ ॥ ਮੋਹਿ ਨਿਰਗੁਣ ਪ੍ਰੀਤਮ ਸੁਖ ਸਾਗਰ ਸੰਤ ਸੰਗਿ ਮਨੁ ਜਾਗਾ ॥ ਕਹੁ ਨਾਨਕ ਪ੍ਰਭਿ ਕਿਰਪਾ ਕੀਨ੍ਹੀ ਚਰਣ ਕਮਲ ਮਨੁ ਲਾਗਾ ॥੪॥੩॥੬॥ {ਪੰਨਾ ੭੮੧}

ਪਦ ਅਰਥ :—ਏਹੋ—ਇਹ ਹੀ । ਵਰੁ—ਬਖ਼ਸ਼ੀਸ਼ । ਵਡ ਭਾਗਾ—ਵੱਡੀ ਕਿਸਮਤ । ਰਸ—ਸੁਆਦਲੇ ਪਦਾਰਥ । ਕਰਣ ਕਾਰਣ—ਸਾਰੇ ਜਗਤ ਦਾ ਮੂਲ । ਕਰਣ—ਜਗਤ । ਠਾਕੁਰ—ਹੇ ਠਾਕੁਰ! ਦੀਨ ਦਇਆਲਾ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਮੋਹਿ ਨਿਰਗੁਣ ਮਨੁ—ਮੈਂ ਗੁਣ-ਹੀਨ ਦਾ ਮਨ । ਪ੍ਰੀਤਮ—ਹੇ ਪ੍ਰੀਤਮ! ਸੁਖ ਸਾਗਰ—ਹੇ ਸੁਖਾਂ ਦੇ ਸਮੁੰਦਰ! ਸੰਤ ਸੰਗਿ—ਸੰਤ ਜਨਾਂ ਦੀ ਸੰਗਤਿ ਵਿਚ । ਪ੍ਰਭ—ਹੇ ਪ੍ਰਭੂ! ।੪।

ਅਰਥ :—ਹੇ ਭਾਈ! (ਜਿਸ ਮਨੁੱਖ ਦਾ) ਮਨ ਪਰਮਾਤਮਾ ਦੇ ਚਰਨਾਂ ਵਿਚ ਜੁੜ ਜਾਂਦਾ ਹੈ, (ਜਿਸ ਦਾ) ਮਨ ਪ੍ਰਭੂ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ, ਜੋ

ਮਨੁੱਖ ਜਗਤ ਦੇ ਮੂਲ ਗੋਪਾਲ ਦੀ ਸਰਨੀਂ ਪਿਆ ਰਹਿੰਦਾ ਹੈ, ਨਾਮ ਵਿਚ ਟਿਕੇ ਰਹਿਣਾ ਹੀ ਉਸ ਮਨੁੱਖ ਦੇ ਵਾਸਤੇ ਬਖ਼ਸ਼ਸ਼ ਹੈ, ਇਹੀ (ਉਸ ਦੇ ਵਾਸਤੇ) ਵਡਿਆਈ ਹੈ, ਇਹੀ ਉਸ ਦੇ ਵਾਸਤੇ ਧਨ ਹੈ, ਇਹੀ ਉਸ ਦੇ ਵਾਸਤੇ ਵੱਡੀ ਕਿਸਮਤ ਹੈ, ਇਹੀ ਹੈ ਉਸ ਦੇ ਲਈ ਦੁਨੀਆ ਦਾ ਰੰਗ-ਤਮਾਸ਼ਾ ਅਤੇ ਸਾਰੇ ਸੁਆਦਲੇ ਪਦਾਰਥਾਂ ਦਾ ਭੋਗਣਾ ।

ਹੇ ਮੇਰੇ ਪ੍ਰਭੂ! ਹੇ ਮੇਰੇ ਠਾਕੁਰ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹਰੇਕ ਦਾਤਿ (ਅਸੀ ਜੀਵਾਂ ਨੂੰ) ਤੇਰੀ ਹੀ ਬਖ਼ਸ਼ੀ ਹੋਈ ਹੈ । ਹੇ ਮੇਰੇ ਪ੍ਰੀਤਮ! ਹੇ ਸੁਖਾਂ ਦੇ ਸਮੁੰਦਰ! (ਤੇਰੀ ਹੀ ਮਿਹਰ ਨਾਲ) ਮੈਂ ਗੁਣ-ਹੀਨ ਦਾ ਮਨ ਸੰਤ ਜਨਾਂ ਦੀ ਸੰਗਤਿ ਵਿਚ (ਰਹਿ ਕੇ ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪਿਆ ਹੈ ।

ਹੇ ਨਾਨਕ! ਆਖ—ਹੇ ਪ੍ਰਭੂ! (ਜਦੋਂ) ਤੂੰ ਮਿਹਰ ਕੀਤੀ, ਤਾਂ (ਮੇਰਾ) ਮਨ (ਤੇਰੇ) ਸੋਹਣੇ ਚਰਨਾਂ ਵਿਚ ਲੀਨ ਹੋ ਗਿਆ ।੪।੩।੬।

ਸੂਹੀ ਮਹਲਾ ੫ ॥ ਹਰਿ ਜਪੇ ਹਰਿ ਮੰਦਰੁ ਸਾਜਿਆ ਸੰਤ ਭਗਤ ਗੁਣ ਗਾਵਹਿ ਰਾਮ ॥ ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਸਗਲੇ ਪਾਪ ਤਜਾਵਹਿ ਰਾਮ ॥ ਹਰਿ ਗੁਣ ਗਾਇ ਪਰਮ ਪਦੁ ਪਾਇਆ ਪ੍ਰਭ ਕੀ ਊਤਮ ਬਾਣੀ ॥ ਸਹਜ ਕਥਾ ਪ੍ਰਭ ਕੀ ਅਤਿ ਮੀਠੀ ਕਥੀ ਅਕਥ ਕਹਾਣੀ ॥ ਭਲਾ ਸੰਜੋਗੁ ਮੂਰਤੁ ਪਲੁ ਸਾਚਾ ਅਬਿਚਲ ਨੀਵ ਰਖਾਈ ॥ ਜਨ ਨਾਨਕ ਪ੍ਰਭ ਭਏ ਦਇਆਲਾ ਸਰਬ ਕਲਾ ਬਣਿ ਆਈ ॥੧॥ {ਪੰਨਾ ੭੮੧}

ਪਦ ਅਰਥ :—ਹਰਿ ਜਪੇ—ਹਰੀ ਦਾ ਨਾਮ ਜਪਣ ਲਈ । ਮੰਦਰੁ—ਘਰ । ਹਰਿ ਸਾਜਿਆ—ਹਰੀ ਨੇ ਬਣਾਇਆ ਹੈ । ਗਾਵਹਿ—ਗਾਂਦੇ ਹਨ । ਸਿਮਰਿ—ਸਿਮਰ ਕੇ । ਸਗਲੇ—ਸਾਰੇ । ਤਜਾਵਹਿ—ਦੂਰ ਕਰਾ ਲੈਂਦੇ ਹਨ । ਗਾਇ—ਗਾ ਕੇ । ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਸਹਜ ਕਥਾ—ਆਤਮਕ ਅਡੋਲਤਾ ਪੈਦਾ ਕਰਨ ਵਾਲੀ ਕਥਾ । ਕਥਾ—ਸਿਫ਼ਤਿ-ਸਾਲਾਹ । ਕਥੀ—(ਸੰਤ ਜਨਾਂ ਨੇ) ਬਿਆਨ ਕੀਤੀ । ਅਕਥ—ਅ-ਕੱਥ, ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਅਕਥ ਕਹਾਣੀ—ਪਰਮਾਤਮਾ ਦੀ ਸਿਫ਼ਤਿ-ਸਾਲਾਹ । ਭਲਾ—ਸ਼ੁਭ । ਸੰਜੋਗੁ—ਮਿਲਾਪ (ਦਾ ਸਮਾ) । ਮੂਰਤੁ—ਮੁਹੂਰਤ । ਸਾਚਾ—ਸਦਾ-ਥਿਰ ਰਹਿਣ ਵਾਲਾ । ਅਬਿਚਲ—ਨਾਹ ਹਿੱਲਣ ਵਾਲੀ । ਨੀਵ—ਨੀਂਹ । ਅਬਿਚਲ ਨੀਵ—ਕਦੇ ਨਾਹ ਹਿੱਲਣ ਵਾਲੀ ਨੀਂਹ, ਬਹੁਤ ਹੀ ਪੱਕੀ ਨੀਂਹ, ਸਿਫ਼ਤਿ-ਸਾਲਾਹ ਦੀ ਪੱਕੀ ਨੀਂਹ । ਕਲਾ—ਸੱਤਾ, ਤਾਕਤ ।੧।

ਅਰਥ :—ਹੇ ਭਾਈ! (ਮਨੁੱਖ ਦਾ ਇਹ ਸਰੀਰ-) ਘਰ ਪਰਮਾਤਮਾ ਨੇ ਨਾਮ ਜਪਣ ਲਈ ਬਣਾਇਆ ਹੈ, (ਇਸ ਘਰ ਵਿਚ) ਸੰਤ-ਜਨ ਭਗਤ-ਜਨ (ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ । ਆਪਣੇ ਮਾਲਕ-ਪ੍ਰਭੂ (ਦਾ ਨਾਮ) ਹਰ ਵੇਲੇ ਸਿਮਰ ਸਿਮਰ ਕੇ (ਸੰਤ ਜਨ ਆਪਣੇ ਅੰਦਰੋਂ) ਸਾਰੇ ਪਾਪ ਦੂਰ ਕਰਾ ਲੈਂਦੇ ਹਨ ।

ਹੇ ਭਾਈ! (ਇਸ ਸਰੀਰ-ਘਰ ਵਿਚ ਸੰਤ ਜਨਾਂ ਨੇ) ਪਰਮਾਤਮਾ ਦੀ ਪਵਿੱਤਰ ਸਿਫ਼ਤਿ-ਸਾਲਾਹ ਦੀ ਬਾਣੀ ਗਾ ਕੇ, ਪਰਮਾਤਮਾ ਦੇ ਗੁਣ ਗਾ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕੀਤਾ ਹੈ । (ਇਸ ਸਰੀਰ-ਘਰ ਵਿਚ ਸੰਤ-ਜਨਾਂ ਨੇ) ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਹੈ ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਪ੍ਰਭੂ ਦੀ ਅਤਿ ਮਿੱਠੀ ਸਿਫ਼ਤਿ-ਸਾਲਾਹ ਕੀਤੀ ਹੈ ਜੋ ਆਤਮਕ ਅਡੋਲਤਾ ਪੈਦਾ ਕਰਦੀ ਹੈ ।

ਹੇ ਦਾਸ ਨਾਨਕ! (ਜਿਸ ਮਨੁੱਖ ਉੱਤੇ) ਪ੍ਰਭੂ ਜੀ ਦਇਆਵਾਨ ਹੁੰਦੇ ਹਨ (ਉਸ ਦੇ ਸਰੀਰ-ਘਰ ਵਿਚ ਉਹ) ਸ਼ੁਭ ਸੰਜੋਗ ਆ ਬਣਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਮੁਹੂਰਤ ਆ ਬਣਦਾ ਹੈ ਜਦੋਂ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਦੀ) ਕਦੇ ਨਾਹ ਹਿੱਲਣ ਵਾਲੀ ਨੀਂਹ ਰੱਖੀ ਜਾਂਦੀ ਹੈ (ਤੇ, ਜਿਸ ਦੇ ਅੰਦਰ ਇਹ ਨੀਂਹ ਰੱਖੀ ਜਾਂਦੀ ਹੈ, ਉਸ ਦੇ ਅੰਦਰ) ਤਕੜੀ ਆਤਮਕ ਤਾਕਤ ਪੈਦਾ ਹੋ ਜਾਂਦੀ ਹੈ ।

ਆਨੰਦਾ ਵਜਹਿ ਨਿਤ ਵਾਜੇ ਪਾਰਬ੍ਰਹਮੁ ਮਨਿ ਵੂਠਾ ਰਾਮ ॥ ਗੁਰਮੁਖੇ ਸਚੁ ਕਰਣੀ ਸਾਰੀ ਬਿਨਸੇ ਭ੍ਰਮ ਭੈ ਝੂਠਾ ਰਾਮ ॥ ਅਨਹਦ ਬਾਣੀ ਗੁਰਮੁਖਿ ਵਖਾਣੀ ਜਸੁ ਸੁਣਿ ਸੁਣਿ ਮਨੁ ਤਨੁ ਹਰਿਆ ॥ ਸਰਬ ਸੁਖਾ ਤਿਸ ਹੀ ਬਣਿ ਆਏ ਜੋ ਪ੍ਰਭਿ ਅਪਨਾ ਕਰਿਆ ॥ ਘਰ ਮਹਿ ਨਵਨਿਧਿ ਭਰੇ ਭੰਡਾਰਾ ਰਾਮ ਨਾਮਿ ਰੰਗੁ ਲਾਗਾ ॥ ਨਾਨਕ ਜਨ ਪ੍ਰਭੁ ਕਦੇ ਨ ਵਿਸਰੈ ਪੂਰਨ ਜਾ ਕੇ ਭਾਗਾ ॥੨॥ {ਪੰਨਾ ੭੮੧}

ਪਦ ਅਰਥ :—ਨਿਤ—ਸਦਾ । ਵਜਹਿ—ਵੱਜਦੇ ਰਹਿੰਦੇ ਹਨ । ਮਨਿ—(ਜਿਸ ਮਨੁੱਖ ਦੇ) ਮਨ ਵਿਚ । ਵੂਠਾ—ਆ ਵੱਸਦਾ ਹੈ । ਗੁਰਮੁਖੇ—ਗੁਰੂ ਦੇ ਸਨਮੁਖ ਰਹਿ ਕੇ । ਸਚੁ—ਸਦਾ-ਥਿਰ ਹਰਿ-ਨਾਮ ਦਾ ਸਿਮਰਨ । ਸਾਰੀ—ਸ੍ਰੇਸ਼ਟ । ਕਰਣੀ—ਕਰਤੱਬ । ਭੈ—ਸਾਰੇ ਡਰ {ਲਫ਼ਜ਼ 'ਭਉ' ਤੋਂ ਬਹੁ-ਵਚਨ} । ਅਨਹਦ—ਇਕ-ਰਸ । ਵਖਾਣੀ—ਉਚਾਰੀ, ਉਚਾਰਦਾ ਹੈ । ਜਸੁ—ਸਿਫ਼ਤਿ-ਸਾਲਾਹ । ਸੁਣਿ—ਸੁਣ ਕੇ । ਹਰਿਆ—ਹਰਾ-ਭਰਾ, ਆਤਮਕ ਜੀਵਨ ਵਾਲਾ । ਤਿਸ ਹੀ—{ਕ੍ਰਿਆ-ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਪ੍ਰਭਿ—ਪ੍ਰਭੂ ਨੇ । ਨਵ ਨਿਧਿ—ਨੌ ਖ਼ਜ਼ਾਨੇ, ਧਰਤੀ ਦੇ ਸਾਰੇ ਖ਼ਜ਼ਾਨੇ । ਨਾਮਿ—ਨਾਮ ਵਿਚ । ਰੰਗੁ—ਪਿਆਰ । ਜਾ ਕੇ—ਜਿਸ ਜਨ ਦੇ ।੨।

ਅਰਥ :—ਹੇ ਭਾਈ! (ਸਿਫ਼ਤਿ-ਸਾਲਾਹ ਦੀ 'ਅਬਿਚਲ ਨੀਵ' ਦੀ ਬਰਕਤਿ ਨਾਲ ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਆ ਵੱਸਦਾ ਹੈ (ਉਸ ਦੇ ਸਰੀਰ-ਮੰਦਰ ਵਿਚ ਆਤਮਕ) ਆਨੰਦ ਦੇ ਸਦਾ (ਮਾਨੋ,) ਵਾਜੇ ਵੱਜਦੇ ਰਹਿੰਦੇ ਹਨ, (ਉਸ ਦੇ ਸਰਰਿ-ਘਰ ਵਿਚੋਂ) ਸਾਰੇ ਭਰਮ ਡਰ ਝੂਠ ਨਾਸ ਹੋ ਜਾਂਦੇ ਹਨ, ਗੁਰੂ ਦੇ ਸਨਮੁਖ ਰਹਿ ਕੇ ਸਦਾ-ਥਿਰ ਹਰਿ-ਨਾਮ ਸਿਮਰਨਾ (ਉਸ ਮਨੁੱਖ ਦਾ) ਸ੍ਰੇਸ਼ਟ ਕਰਤੱਬ ਬਣ ਜਾਂਦਾ ਹੈ ।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਉਹ ਮਨੁੱਖ ਸਦਾ ਇਕ-ਰਸ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਸੁਣ ਕੇ ਉਸ ਦਾ ਮਨ ਉਸ ਦਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ । ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨੇ ਆਪਣਾ (ਪਿਆਰਾ) ਬਣਾ ਲਿਆ, ਸਾਰੇ ਸੁਖ ਉਸ ਦੇ ਅੰਦਰ ਆ ਇਕੱਠੇ ਹੋਏ । ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ, ਉਸ ਦੇ (ਹਿਰਦੇ-) ਘਰ ਵਿਚ (ਮਾਨੋ, ਧਰਤੀ ਦੇ) ਨੌ ਹੀ ਖ਼ਜ਼ਾਨਿਆਂ ਦੇ ਭੰਡਾਰੇ ਭਰ ਜਾਂਦੇ ਹਨ ।

ਹੇ ਨਾਨਕ! ਜਿਸ ਦਾਸ ਦੇ ਪੂਰੇ ਭਾਗ ਜਾਗ ਪੈਂਦੇ ਹਨ, ਉਸ ਨੂੰ ਪਰਮਾਤਮਾ ਕਦੇ ਨਹੀਂ ਭੁੱਲਦਾ ।੨।

ਛਾਇਆ ਪ੍ਰਭਿ ਛਤ੍ਰਪਤਿ ਕੀਨ੍ਹੀ ਸਗਲੀ ਤਪਤਿ ਬਿਨਾਸੀ ਰਾਮ ॥ ਦੂਖ ਪਾਪ ਕਾ ਡੇਰਾ ਢਾਠਾ ਕਾਰਜੁ ਆਇਆ ਰਾਸੀ ਰਾਮ ॥ ਹਰਿ ਪ੍ਰਭਿ ਫੁਰਮਾਇਆ ਮਿਟੀ ਬਲਾਇਆ ਸਾਚੁ ਧਰਮੁ ਪੁੰਨੁ ਫਲਿਆ ॥ ਸੋ ਪ੍ਰਭੁ ਅਪੁਨਾ ਸਦਾ ਧਿਆਈਐ ਸੋਵਤ ਬੈਸਤ ਖਲਿਆ ॥ ਗੁਣ ਨਿਧਾਨ ਸੁਖ ਸਾਗਰ ਸੁਆਮੀ ਜਲਿ ਥਲਿ ਮਹੀਅਲਿ ਸੋਈ ॥ ਜਨ ਨਾਨਕ ਪ੍ਰਭ ਕੀ ਸਰਣਾਈ ਤਿਸੁ ਬਿਨੁ ਅਵਰੁ ਨ ਕੋਈ ॥੩॥ {ਪੰਨਾ ੭੮੧-੭੮੨}

ਪਦ ਅਰਥ :—ਛਾਇਆ—ਛਾਂ । ਪ੍ਰਭਿ—ਪ੍ਰਭੂ ਨੇ । ਛਤ੍ਰਪਤਿ—ਪਾਤਿਸ਼ਾਹ । ਪ੍ਰਭਿ ਛਤ੍ਰਪਤਿ—ਪ੍ਰਭੂ ਪਾਤਿਸ਼ਾਹ ਨੇ । ਸਗਲੀ—ਸਾਰੀ । ਤਪਤਿ—ਤਪਸ਼, ਸੜਨ । ਢਾਠਾ—ਢਹਿ ਗਿਆ । ਕਾਰਜੁ—ਜੀਵਨ-ਮਨੋਰਥ । ਆਇਆ ਰਾਸੀ—ਕਾਮਯਾਬ ਹੋ ਗਿਆ । ਸਾਚੁ ਧਰਮੁ—ਸਦਾ-ਥਿਰ ਹਰਿ-ਨਾਮ ਸਿਮਰਨ (ਵਾਲਾ) ਧਰਮ । ਸਾਚੁ ਪੁੰਨੁ—ਸਦਾ-ਥਿਰ ਹਰਿ-ਨਾਮ ਸਿਮਰਨ (ਵਾਲਾ) ਨੇਕ ਕਰਮ । ਫਲਿਆ—ਵਧਣਾ ਸ਼ੁਰੂ ਹੋਇਆ ।

ਧਿਆਈਐ—ਸਿਮਰਨਾ ਚਾਹੀਦਾ ਹੈ । ਸੋਵਤ ਬੈਸਤ ਖਲਿਆ—ਸੁੱਤਿਆਂ, ਬੈਠਿਆਂ, ਖਲੋਤਿਆਂ । ਨਿਧਾਨ—ਖ਼ਜ਼ਾਨਾ । ਸਾਗਰੁ—ਸਮੁੰਦਰ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੀ ਤਹ ਉੱਤੇ, ਪੁਲਾੜ ਵਿਚ, ਆਕਾਸ਼ ਵਿਚ ।੩।

ਅਰਥ :—ਹੇ ਭਾਈ! ਪ੍ਰਭੂ-ਪਾਤਿਸ਼ਾਹ ਨੇ (ਜਿਸ ਮਨੁੱਖ ਦੇ ਸਿਰ ਉਤੇ) ਆਪਣਾ ਹੱਥ ਰੱਖਿਆ, (ਉਸ ਦੇ ਅੰਦਰੋਂ ਵਿਕਾਰਾਂ ਦੀ) ਸਾਰੀ ਸੜਨ ਨਾਸ ਹੋ ਗਈ, (ਉਸ ਦੇ ਅੰਦਰੋਂ) ਦੁੱਖਾਂ ਦਾ ਵਿਕਾਰਾਂ ਦਾ ਅੱਡਾ ਹੀ ਢਹਿ ਗਿਆ, ਉਸ ਮਨੁੱਖ ਦਾ ਜੀਵਨ-ਮਨੋਰਥ ਕਾਮਯਾਬ ਹੋ ਗਿਆ । ਹਰੀ ਪ੍ਰਭੂ ਨੇ ਹੁਕਮ ਦੇ ਦਿੱਤਾ (ਤੇ, ਉਸ ਮਨੁੱਖ ਦੇ ਅੰਦਰੋਂ ਮਾਇਆ) ਬਲਾ (ਦਾ ਪ੍ਰਭਾਵ) ਮੁੱਕ ਗਿਆ, ਸਦਾ-ਥਿਰ ਹਰਿ-ਨਾਮ ਸਿਮਰਨ ਦਾ ਧਰਮ ਪੁੰਨ (ਉਸ ਦੇ ਅੰਦਰ) ਵਧਣਾ ਸ਼ੁਰੂ ਹੋ ਗਿਆ ।

ਹੇ ਭਾਈ! ਸੁੱਤਿਆਂ ਬੈਠਿਆਂ ਖਲੋਤਿਆਂ (ਹਰ ਵੇਲੇ) ਉਸ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ । ਹੇ ਦਾਸ ਨਾਨਕ! (ਜਿਹੜਾ ਮਨੁੱਖ ਧਿਆਨ ਧਰਦਾ ਹੈ, ਉਸ ਨੂੰ) ਉਹ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਸੁਖਾਂ ਦਾ ਸਮੁੰਦਰ ਪ੍ਰਭੂ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ (ਹਰ ਥਾਂ ਵਿਆਪਕ ਦਿੱਸਦਾ ਹੈ), ਉਹ ਮਨੁੱਖ ਪ੍ਰਭੂ ਦੀ ਸਰਨ ਹੀ ਪਿਆ ਰਹਿੰਦਾ ਹੈ, ਉਸ (ਪ੍ਰਭੂ) ਤੋਂ ਬਿਨਾ ਉਸ ਨੂੰ ਕੋਈ ਹੋਰ ਆਸਰਾ ਨਹੀਂ ਦਿੱਸਦਾ ।੩।

ਮੇਰਾ ਘਰੁ ਬਨਿਆ ਬਨੁ ਤਾਲੁ ਬਨਿਆ ਪ੍ਰਭ ਪਰਸੇ ਹਰਿ ਰਾਇਆ ਰਾਮ ॥ ਮੇਰਾ ਮਨੁ ਸੋਹਿਆ ਮੀਤ ਸਾਜਨ ਸਰਸੇ ਗੁਣ ਮੰਗਲ ਹਰਿ ਗਾਇਆ ਰਾਮ ॥ ਗੁਣ ਗਾਇ ਪ੍ਰਭੂ ਧਿਆਇ ਸਾਚਾ ਸਗਲ ਇਛਾ ਪਾਈਆ ॥ ਗੁਰ ਚਰਣ ਲਾਗੇ ਸਦਾ ਜਾਗੇ ਮਨਿ ਵਜੀਆ ਵਾਧਾਈਆ ॥ ਕਰੀ ਨਦਰਿ ਸੁਆਮੀ ਸੁਖਹਗਾਮੀ ਹਲਤੁ ਪਲਤੁ ਸਵਾਰਿਆ ॥ ਬਿਨਵੰਤਿ ਨਾਨਕ ਨਿਤ ਨਾਮੁ ਜਪੀਐ ਜੀਉ ਪਿੰਡੁ ਜਿਨਿ ਧਾਰਿਆ ॥੪॥੪॥੭॥ {ਪੰਨਾ ੭੮੨}

ਪਦ ਅਰਥ :—ਘਰੁ—(ਸਰੀਰ-) ਘਰ । ਬਨਿਆ—ਸੋਹਣਾ ਬਣ ਗਿਆ ਹੈ । ਬਨੁ—ਬਾਗ਼ (ਸਰੀਰ) । ਤਾਲੁ—(ਹਿਰਦਾ-) ਤਾਲਾਬ । ਪ੍ਰਭ ਪਰਸੇ—ਜਦੋਂ ਪ੍ਰਭੂ (ਦੇ ਚਰਨ) ਛੋਹੇ । ਹਰਿ ਰਾਇਆ—ਪ੍ਰਭੂ ਪਾਤਿਸ਼ਾਹ । ਸੋਹਿਆ—ਸੋਹਣਾ ਬਣ ਗਿਆ । ਮੀਤ ਸਾਜਨ—ਮੇਰੇ ਮਿੱਤਰ ਸੱਜਣ, ਮੇਰੇ ਸਾਰੇ ਗਿਆਨ-ਇੰਦ੍ਰੇ । ਸਰਸੇ—ਆਤਮਕ ਰਸ ਵਾਲੇ ਹੋ ਗਏ ਹਨ, ਆਤਮਕ ਜੀਵਨ ਵਾਲੇ ਬਣ ਗਏ ਹਨ । ਮੰਗਲ—ਸਿਫ਼ਤਿ-ਸਾਲਾਹ ਦੇ ਗੀਤ ।

ਗਾਇ—ਗਾ ਕੇ । ਧਿਆਇ—ਸਿਮਰ ਕੇ । ਸਾਚਾ—ਸਦਾ-ਥਿਰ ਪ੍ਰਭੂ । ਸਗਲ—ਸਾਰੀਆਂ । ਜਾਗੇ—(ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਹੋ ਗਏ । ਮਨਿ—ਮਨ ਵਿਚ । ਵਜੀਆ ਵਾਧਾਈਆ—ਉਤਸ਼ਾਹ ਬਣਿਆ ਰਹਿਣ ਲੱਗ ਪਿਆ । ਕਰੀ—ਕੀਤੀ । ਨਦਰਿ—ਮਿਹਰ ਦੀ ਨਿਗਾਹ । ਸੁਖਹ ਗਾਮੀ—ਸੁਖ ਅਪੜਾਣ ਵਾਲੇ ਨੇ । ਹਲਤੁ—ਇਹ ਲੋਕ । ਪਲਤੁ—ਪਰਲੋਕ । ਜਪੀਐ—ਜਪਣਾ ਚਾਹੀਦਾ ਹੈ । ਜਿਉ—ਜਿੰਦ । ਪਿੰਡੁ—ਸਰੀਰ । ਜਿਨਿ—ਜਿਸ (ਪਰਮਾਤਮਾ) ਨੇ ।੪।

ਅਰਥ :—ਹੇ ਭਾਈ! (ਜਦੋਂ ਦੇ) ਪ੍ਰਭੂ-ਪਾਤਿਸ਼ਾਹ ਦੇ ਚਰਨ ਪਰਸੇ ਹਨ, ਮੇਰਾ ਸਰੀਰ ਮੇਰਾ ਹਿਰਦਾ (ਸਭ ਕੁਝ) ਸੋਹਣਾ (ਸੋਹਣੀ ਆਤਮਕ ਰੰਗਣ ਵਾਲਾ) ਬਣ ਗਿਆ ਹੈ (ਜਦੋਂ ਤੋਂ) ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕੀਤੇ ਹਨ, ਮੇਰਾ ਮਨ ਸੋਹਣਾ (ਸੋਹਣੇ ਸੰਸਕਾਰਾਂ ਵਾਲਾ) ਹੋ ਗਿਆ ਹੈ, ਮੇਰੇ ਸਾਰੇ ਮਿੱਤਰ (ਸਾਰੇ ਗਿਆਨ-ਇੰਦ੍ਰੇ) ਆਤਮਕ ਜੀਵਨ ਵਾਲੇ ਬਣ ਗਏ ਹਨ ।

ਹੇ ਭਾਈ! ਪ੍ਰਭੂ ਦੇ ਗੁਣ ਗਾ ਕੇ ਸਦਾ-ਥਿਰ ਹਰੀ ਦਾ ਨਾਮ ਸਿਮਰ ਕੇ ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ । ਜਿਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ ਹਨ, ਉਹ (ਮਾਇਆ ਦੇ ਹੱਲਿਆਂ ਵਲੋਂ) ਸਦਾ ਸੁਚੇਤ ਰਹਿੰਦੇ ਹਨ, ਉਹਨਾਂ ਦੇ ਅੰਦਰ ਉਤਸ਼ਾਹ-ਭਰਿਆ ਆਤਮਕ ਜੀਵਨ ਬਣਿਆ ਰਹਿੰਦਾ ਹੈ ।

ਹੇ ਭਾਈ! ਸੁਖਾਂ ਦੇ ਦਾਤੇ ਮਾਲਕ-ਪ੍ਰਭੂ ਨੇ (ਜਿਸ ਮਨੁੱਖ ਉੱਤੇ) ਮਿਹਰ ਦੀ ਨਿਗਾਹ ਕੀਤੀ, (ਉਸ ਦਾ ਉਸ ਨੇ) ਇਹ ਲੋਕ ਅਤੇ ਪਰਲੋਕ ਸੋਹਣਾ ਬਣਾ ਦਿੱਤਾ । ਨਾਨਕ ਬੇਨਤੀ ਕਰਦਾ ਹੈ—ਹੇ ਭਾਈ! ਜਿਸ (ਪਰਮਾਤਮਾ) ਨੇ ਇਹ ਜਿੰਦ ਤੇ ਇਹ ਸਰੀਰ ਟਿਕਾ ਰੱਖਿਆ ਹੈ, ਉਸ ਦਾ ਨਾਮ ਸਦਾ ਜਪਣਾ ਚਾਹੀਦਾ ਹੈ ।੪।੪।੭।

ਸੂਹੀ ਮਹਲਾ ੫ ॥ ਭੈ ਸਾਗਰੋ ਭੈ ਸਾਗਰੁ ਤਰਿਆ ਹਰਿ ਹਰਿ ਨਾਮੁ ਧਿਆਏ ਰਾਮ ॥ ਬੋਹਿਥੜਾ ਹਰਿ ਚਰਣ ਅਰਾਧੇ ਮਿਲਿ ਸਤਿਗੁਰ ਪਾਰਿ ਲਘਾਏ ਰਾਮ ॥ ਗੁਰ ਸਬਦੀ ਤਰੀਐ ਬਹੁੜਿ ਨ ਮਰੀਐ ਚੂਕੈ ਆਵਣ ਜਾਣਾ ॥ ਜੋ ਕਿਛੁ ਕਰੈ ਸੋਈ ਭਲ ਮਾਨਉ ਤਾ ਮਨੁ ਸਹਜਿ ਸਮਾਣਾ ॥ ਦੂਖ ਨ ਭੂਖ ਨ ਰੋਗੁ ਨ ਬਿਆਪੈ ਸੁਖ ਸਾਗਰ ਸਰਣੀ ਪਾਏ ॥ ਹਰਿ ਸਿਮਰਿ ਸਿਮਰਿ ਨਾਨਕ ਰੰਗਿ ਰਾਤਾ ਮਨ ਕੀ ਚਿੰਤ ਮਿਟਾਏ ॥੧॥ {ਪੰਨਾ ੭੮੨}

ਪਦ ਅਰਥ :—ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ਸਾਰੇ ਡਰ । ਭੈ ਸਾਗਰ—ਅਨੇਕਾਂ ਡਰਾਂ ਨਾਲ ਭਰਪੂਰ ਸੰਸਾਰ-ਸਮੁੰਦਰ । ਧਿਆਏ—ਧਿਆਏ, ਸਿਮਰ ਕੇ । ਬੋਹਿਥੜਾ—ਸੋਹਣਾ ਜਹਾਜ਼ । ਮਿਲਿ—ਗੁਰੂ ਨੂੰ ਮਿਲ ਕੇ ।

ਤਰੀਐ—ਪਾਰ ਲੰਘ ਜਾਈਦਾ ਹੈ । ਬਹੁੜਿ—ਮੁੜ । ਨ ਮਰੀਐ—ਆਤਮਕ ਮੌਤ ਨਹੀਂ ਸਹੇੜੀਦੀ । ਚੂਕੈ—ਮੁੱਕ ਜਾਂਦਾ ਹੈ । ਕਰੈ—(ਪਰਮਾਤਮਾ) ਕਰਦਾ ਹੈ । ਭਲ—ਚੰਗਾ । ਮਾਨਉ—ਮਾਨਉਂ, ਮੈਂ ਮੰਨਦਾ ਹਾਂ । ਤਾ—ਤਦੋਂ । ਸਹਜਿ—ਆਤਮਕ ਅਡੋਲਤਾ ਵਿਚ । ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ । ਸੁਖ

ਸਾਗਰ ਸਰਣੀ—ਸੁਖਾਂ ਦੇ ਸਮੁੰਦਰ ਪ੍ਰਭੂ ਦੀ ਸਰਨ । ਰੰਗਿ—ਪ੍ਰੇਮ-ਰੰਗ ਵਿਚ ।੧।

ਅਰਥ :—ਹੇ ਭਾਈ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਅਨੇਕਾਂ ਡਰਾਂ ਨਾਲ ਭਰਪੂਰ ਸੰਸਾਰ-ਸਮੁੰਦਰ ਤੋਂ ਮਨੁੱਖ ਪਾਰ ਲੰਘ ਜਾਂਦਾ ਹੈ । ਪਰਮਾਤਮਾ ਦੇ ਚਰਨ ਸੋਹਣਾ ਜਹਾਜ਼ ਹਨ, (ਜਿਹੜਾ ਮਨੁੱਖ) ਗੁਰੂ ਨੂੰ ਮਿਲ ਕੇ ਹਰਿ-ਚਰਨਾਂ ਦਾ ਆਰਾਧਨ ਕਰਦਾ ਹੈ, (ਗੁਰੂ ਉਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ ।

ਹੇ ਭਾਈ! ਗੁਰੂ ਦੇ ਸ਼ਬਦ ਦੇ ਪਰਤਾਪ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ, ਮੁੜ ਮੁੜ ਆਤਮਕ ਮੌਤ ਨਹੀਂ ਸਹੇੜੀਦੀ, ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ । ਹੇ ਭਾਈ! ਜੋ ਕੁਝ ਪਰਮਾਤਮਾ ਕਰਦਾ ਹੈ (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ) ਮੈਂ ਉਸ ਨੂੰ ਭਲਾ ਮੰਨਦਾ ਹਾਂ । (ਜਦੋਂ ਇਹ ਰਸਤਾ ਫੜਿਆ ਜਾਏ) ਤਦੋਂ ਮਨ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ ।

ਹੇ ਭਾਈ! ਸੁਖਾਂ ਦੇ ਸਮੁੰਦਰ ਪ੍ਰਭੂ ਦੀ ਸਰਨ ਪਿਆਂ ਕੋਈ ਦੁੱਖ, ਕੋਈ ਭੁੱਖ, ਕੋਈ ਰੋਗ, ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ । ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਜਿਹੜਾ ਮਨੁੱਖ (ਪ੍ਰਭੂ ਦੇ) ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਆਪਣੇ ਮਨ ਦੀ ਹਰੇਕ ਚਿੰਤਾ ਮਿਟਾ ਲੈਂਦਾ ਹੈ ।੧।

ਸੰਤ ਜਨਾ ਹਰਿ ਮੰਤ੍ਰੁ ਦ੍ਰਿੜਾਇਆ ਹਰਿ ਸਾਜਨ ਵਸਗਤਿ ਕੀਨੇ ਰਾਮ ॥ ਆਪਨੜਾ ਮਨੁ ਆਗੈ ਧਰਿਆ ਸਰਬਸੁ ਠਾਕੁਰਿ ਦੀਨੇ ਰਾਮ ॥ ਕਰਿ ਅਪੁਨੀ ਦਾਸੀ ਮਿਟੀ ਉਦਾਸੀ ਹਰਿ ਮੰਦਰਿ ਥਿਤਿ ਪਾਈ ॥ ਅਨਦ ਬਿਨੋਦ ਸਿਮਰਹੁ ਪ੍ਰਭੁ ਸਾਚਾ ਵਿਛੁੜਿ ਕਬਹੂ ਨ ਜਾਈ ॥ ਸਾ ਵਡਭਾਗਣਿ ਸਦਾ ਸੋਹਾਗਣਿ ਰਾਮ ਨਾਮ ਗੁਣ ਚੀਨ੍ਹੇ ॥ ਕਹੁ ਨਾਨਕ ਰਵਹਿ ਰੰਗਿ ਰਾਤੇ ਪ੍ਰੇਮ ਮਹਾ ਰਸਿ ਭੀਨੇ ॥੨॥ {ਪੰਨਾ ੭੮੨}

ਪਦ ਅਰਥ :—ਹਰਿ ਮੰਤ੍ਰੁ—ਹਰਿ-ਨਾਮ ਮੰਤ੍ਰ । ਦ੍ਰਿੜਾਇਆ—(ਜਿਸ ਮਨੁੱਖ ਦੇ) ਹਿਰਦੇ ਵਿਚ ਪੱਕਾ ਕਰ ਦਿੱਤਾ । ਵਸਗਤਿ—ਵੱਸ ਵਿਚ । ਆਗੈ ਧਰਿਆ—ਹਵਾਲੇ ਕਰ ਦਿੱਤਾ । ਸਰਬਸੁ—{ਸਵ.ਲÔਵ । Ôਵ—ਧਨ} ਸਭ ਕੁਝ । ਠਾਕੁਰਿ—ਠਾਕੁਰ ਨੇ ।

ਕਰਿ—ਕਰੀ, ਕਰ ਲਈ, ਬਣਾ ਲਈ । ਉਦਾਸੀ—ਬਾਹਰ ਭਟਕਦੇ ਫਿਰਨਾ । ਹਰਿ ਮੰਦਰਿ—ਹਰੀ ਦੇ ਬਣਾਏ (ਸਰੀਰ-) ਘਰ ਵਿਚ । ਥਿਤਿ—ਪੱਕਾ ਟਿਕਾਣਾ । ਅਨਦ ਬਿਨੋਦ—ਆਨੰਦ ਖ਼ੁਸ਼ੀਆਂ । ਸਾਚਾ—ਸਦਾ ਕਾਇਮ ਰਹਿਣ ਵਾਲਾ ।

ਸਾ—ਉਹ ਜੀਵ-ਇਸਤ੍ਰੀ । ਵਡਭਾਗਣਿ—ਵੱਡੇ ਭਾਗਾਂ ਵਾਲੀ । ਸੁਹਾਗਣਿ—ਸੁਹਾਗ ਵਾਲੀ, ਖਸਮ ਵਾਲੀ । ਚੀਨ੍ਹੇ—ਪਛਾਣੇ, ਸਾਂਝ ਪਾਈ । ਨਾਨਕ—ਹੇ ਨਾਨਕ! ਰਵਹਿ—(ਜਿਹੜੇ ਮਨੁੱਖ ਹਰਿ-ਨਾਮ) ਸਿਮਰਦੇ ਹਨ । ਰੰਗਿ ਰਾਤੇ—ਪਿਆਰ-ਰੰਗ ਵਿਚ ਰੰਗੇ ਹੋਏ । ਪ੍ਰੇਮ ਰਸਿ—ਪ੍ਰੇਮ ਦੇ ਸੁਆਦ ਵਿਚ । ਭੀਨੇ—ਭਿੱਜੇ ਰਹਿੰਦੇ ਹਨ ।੨।

ਅਰਥ :—ਹੇ ਭਾਈ! ਸੰਤ ਜਨਾਂ ਨੇ (ਜਿਸ ਜੀਵ-ਇਸਤ੍ਰੀ ਦੇ) ਹਿਰਦੇ ਵਿਚ ਪਰਮਾਤਮਾ ਦਾ ਨਾਮ-ਮੰਤ੍ਰ ਪੱਕਾ ਕਰ ਦਿੱਤਾ, ਪ੍ਰਭੂ ਜੀ ਉਸ ਜੀਵ-ਇਸਤ੍ਰੀ ਦੇ ਪ੍ਰੇਮ-ਵੱਸ ਹੋ ਗਏ । (ਉਸ ਜੀਵ-ਇਸਤ੍ਰੀ ਨੇ) ਆਪਣਾ ਪਿਆਰਾ ਮਨ (ਪ੍ਰਭੂ-ਠਾਕੁਰ ਦੇ) ਅੱਗੇ ਭੇਟ ਕਰ ਦਿੱਤਾ, (ਅੱਗੋਂ) ਠਾਕੁਰ-ਪ੍ਰਭੂ ਨੇ ਸਭ ਕੁਝ (ਉਸ ਜੀਵ-ਇਸਤ੍ਰੀ ਨੂੰ) ਦੇ ਦਿੱਤਾ । ਠਾਕੁਰ-ਪ੍ਰਭੂ ਨੇ ਉਸ ਜੀਵ-ਇਸਤ੍ਰੀ ਨੂੰ ਆਪਣੀ ਦਾਸੀ ਬਣਾ ਲਿਆ, (ਉਸ ਦੇ ਅੰਦਰੋਂ ਮਾਇਆ ਆਦਿਕ ਲਈ) ਭਟਕਣਾ ਮੁੱਕ ਗਈ, ਉਸ ਨੇ ਪਰਮਾਤਮਾ ਦੇ ਬਣਾਏ ਇਸ ਸਰੀਰ-ਮੰਦਰ ਵਿਚ ਹੀ ਟਿਕਾਉ ਹਾਸਲ ਕਰ ਲਿਆ ।

ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਦੇ ਰਹੋ (ਤੁਹਾਡੇ ਅੰਦਰ) ਆਤਮਕ ਆਨੰਦ ਬਣੇ ਰਹਿਣਗੇ । (ਜਿਹੜੀ ਜੀਵ-ਇਸਤ੍ਰੀ ਹਰਿ-ਨਾਮ ਸਿਮਰਦੀ ਹੈ, ਉਹ ਪ੍ਰਭੂ ਚਰਨਾਂ ਤੋਂ) ਵਿਛੁੜ ਕੇ ਕਦੇ ਭੀ (ਕਿਸੇ ਹੋਰ ਪਾਸੇ) ਨਹੀਂ ਭਟਕਦੀ । ਜਿਸ ਨੇ ਪਰਮਾਤਮਾ ਦੇ ਨਾਮ ਨਾਲ, ਪਰਮਾਤਮਾ ਦੇ ਗੁਣਾਂ ਨਾਲ ਡੂੰਘੀ ਸਾਂਝ ਬਣਾ ਲਈ, ਉਹ ਜੀਵ-ਇਸਤ੍ਰੀ ਵੱਡੇ ਭਾਗਾਂ ਵਾਲੀ ਬਣ ਜਾਂਦੀ ਹੈ, ਉਹ ਸਦਾ ਪ੍ਰਭੂ-ਖਸਮ ਵਾਲੀ ਰਹਿੰਦੀ ਹੈ ।

ਹੇ ਨਾਨਕ! ਆਖ—ਜਿਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਹਰਿ-ਨਾਮ ਸਿਮਰਦੇ ਹਨ, ਉਹ ਮਨੁੱਖ ਪ੍ਰੇਮ ਦੇ ਵੱਡੇ ਸੁਆਦ ਵਿਚ ਭਿੱਜੇ ਰਹਿੰਦੇ ਹਨ ।੨।

ਅਨਦ ਬਿਨੋਦ ਭਏ ਨਿਤ ਸਖੀਏ ਮੰਗਲ ਸਦਾ ਹਮਾਰੈ ਰਾਮ ॥ ਆਪਨੜੈ ਪ੍ਰਭਿ ਆਪਿ ਸੀਗਾਰੀ ਸੋਭਾਵੰਤੀ ਨਾਰੇ ਰਾਮ ॥ ਸਹਜ ਸੁਭਾਇ ਭਏ ਕਿਰਪਾਲਾ ਗੁਣ ਅਵਗਣ ਨ ਬੀਚਾਰਿਆ ॥ ਕੰਠਿ ਲਗਾਇ ਲੀਏ ਜਨ ਅਪੁਨੇ ਰਾਮ ਨਾਮ ਉਰਿ ਧਾਰਿਆ ॥ ਮਾਨ ਮੋਹ ਮਦ ਸਗਲ ਬਿਆਪੀ ਕਰਿ ਕਿਰਪਾ ਆਪਿ ਨਿਵਾਰੇ ॥ ਕਹੁ ਨਾਨਕ ਭੈ ਸਾਗਰੁ ਤਰਿਆ ਪੂਰਨ ਕਾਜ ਹਮਾਰੇ ॥੩॥ {ਪੰਨਾ ੭੮੨}

ਪਦ ਅਰਥ :—ਬਿਨੋਦ {ਵਿਨੋਦ ਫਲਇਓਸੁਰਏ, ਹਓਪਪਨਿਏਸਸ} ਖ਼ੁਸ਼ੀ, ਆਨੰਦ । ਸਖੀਏ—ਹੇ ਸਹੇਲੀਏ! ਮੰਗਲ—ਖ਼ੁਸ਼ੀ, ਚਾਉ । ਪ੍ਰਭਿ—ਪ੍ਰਭੂ ਨੇ । ਆਪਨੜੈ ਪ੍ਰਭਿ—ਆਪਣੇ ਪਿਆਰੇ ਪ੍ਰਭੂ ਨੇ । ਸੀਗਾਰੀ—ਸਿੰਗਾਰ ਦਿੱਤੀ, ਸੋਹਣੇ ਜੀਵਨ ਵਾਲੀ ਬਣਾ ਦਿੱਤੀ । ਸਹਜ—ਆਤਮਕ ਅਡੋਲਤਾ । ਸੁਭਾਇ—ਪਿਆਰ ਨਾਲ । ਸਹਜ ਸੁਭਾਇ—ਆਤਮਕ ਅਡੋਲਤਾ ਵਾਲੇ ਪਿਆਰ ਨਾਲ । ਹਮਾਰੈ—ਮੇਰੇ ਹਿਰਦੇ ਵਿਚ । ਕੰਠਿ—ਗਲ ਨਾਲ । ਉਰਿ—ਹਿਰਦੇ ਵਿਚ । ਸਗਲ ਬਿਆਪੀ—ਜਿਨ੍ਹਾਂ ਵਿਚ ਸਾਰੀ ਸ੍ਰਿਸ਼ਟੀ ਫਸੀ ਹੋਈ ਹੈ । ਕਰਿ—ਕਰਕੇ । ਨਿਵਾਰੇ—ਦੂਰ ਕਰ ਦਿੱਤੇ । ਭੈ ਸਾਗਰੁ—ਭਿਆਨਕ ਸੰਸਾਰ-ਸਮੁੰਦਰ ।੩।

ਅਰਥ :—ਹੇ ਸਹੇਲੀਏ! ਹੁਣ ਮੇਰੇ ਹਿਰਦੇ-ਘਰ ਵਿਚ ਸਦਾ ਹੀ ਆਨੰਦ ਖ਼ੁਸ਼ੀਆਂ ਚਾਉ ਬਣੇ ਰਹਿੰਦੇ ਹਨ, (ਕਿਉਂਕਿ) ਮੇਰੇ ਆਪਣੇ ਪਿਆਰੇ ਪ੍ਰਭੂ ਨੇ ਆਪ ਮੇਰੀ ਜ਼ਿੰਦਗੀ ਸੋਹਣੀ ਬਣਾ ਦਿੱਤੀ ਹੈ, ਮੈਨੂੰ ਸੋਭਾ ਵਾਲੀ ਜੀਵ-ਇਸਤ੍ਰੀ ਬਣਾ ਦਿੱਤਾ ਹੈ ।

ਹੇ ਸਹੇਲੀਏ! ਪ੍ਰਭੂ ਜੀ ਆਪਣੇ ਸੇਵਕ ਨੂੰ (ਆਪਣੇ) ਗਲ ਨਾਲ ਲਾ ਲੈਂਦੇ ਹਨ, (ਉਹਨਾਂ ਦੇ) ਹਿਰਦੇ ਵਿਚ ਆਪਣਾ ਨਾਮ ਵਸਾ ਦੇਂਦੇ ਹਨ । ਪ੍ਰਭੂ ਜੀ ਆਪਣੇ ਸੇਵਕਾਂ ਦੇ ਗੁਣਾਂ ਔਗੁਣਾਂ ਵਲ ਧਿਆਨ ਨਹੀਂ ਦੇਂਦੇ, ਆਪਣੇ ਆਤਮਕ ਅਡੋਲਤਾ ਵਾਲੇ ਪਿਆਰ ਦੇ ਕਾਰਨ ਹੀ {ਸਹਜ—ਸਹ ਜਾਯਤੇ ਇਤਿ ਸਹਜਜ਼} ਆਪਣੇ ਸੇਵਕਾਂ ਉਤੇ ਦਇਆਵਾਨ ਹੋ ਜਾਂਦੇ ਹਨ ।

ਹੇ ਨਾਨਕ! ਆਖ—ਹੇ ਸਹੇਲੀਏ! ਅਹੰਕਾਰ, ਮਾਇਆ ਦਾ ਮੋਹ, ਮਾਇਆ ਦਾ ਨਸ਼ਾ ਜਿਹੜੇ ਸਾਰੀ ਸ੍ਰਿਸ਼ਟੀ ਉਤੇ ਭਾਰੂ ਹੋ ਰਹੇ ਹਨ (ਪ੍ਰਭੂ ਜੀ ਨੇ ਮੇਰੇ ਉਤੇ) ਮਿਹਰ ਕਰ ਕੇ (ਮੇਰੇ ਅੰਦਰੋਂ) ਆਪ ਹੀ ਦੂਰ ਕਰ ਦਿੱਤੇ ਹਨ । (ਉਸ ਦੀ ਮਿਹਰ ਨਾਲ ਇਸ) ਭਿਆਨਕ ਸੰਸਾਰ-ਸਮੁੰਦਰ ਤੋਂ ਮੈਂ ਪਾਰ ਲੰਘ ਰਿਹਾ ਹਾਂ, ਮੇਰੇ ਸਾਰੇ ਕੰਮ (ਭੀ) ਸਿਰੇ ਚੜ੍ਹ ਰਹੇ ਹਨ ।੩।

ਗੁਣ ਗੋਪਾਲ ਗਾਵਹੁ ਨਿਤ ਸਖੀਹੋ ਸਗਲ ਮਨੋਰਥ ਪਾਏ ਰਾਮ ॥ ਸਫਲ ਜਨਮੁ ਹੋਆ ਮਿਲਿ ਸਾਧੂ ਏਕੰਕਾਰੁ ਧਿਆਏ ਰਾਮ ॥ ਜਪਿ ਏਕ ਪ੍ਰਭੂ ਅਨੇਕ ਰਵਿਆ ਸਰਬ ਮੰਡਲਿ ਛਾਇਆ ॥ ਬ੍ਰਹਮੋ ਪਸਾਰਾ ਬ੍ਰਹਮੁ ਪਸਰਿਆ ਸਭੁ ਬ੍ਰਹਮੁ ਦ੍ਰਿਸਟੀ ਆਇਆ ॥ ਜਲਿ ਥਲਿ ਮਹੀਅਲਿ ਪੂਰਿ ਪੂਰਨ ਤਿਸੁ ਬਿਨਾ ਨਹੀ ਜਾਏ ॥ ਪੇਖਿ ਦਰਸਨੁ ਨਾਨਕ ਬਿਗਸੇ ਆਪਿ ਲਏ ਮਿਲਾਏ ॥੪॥੫॥੮॥ {ਪੰਨਾ ੭੮੨}

ਪਦ ਅਰਥ :—ਗੋਪਾਲ—ਸ੍ਰਿਸ਼ਟੀ ਦਾ ਪਾਲਣਹਾਰ । ਸਖੀਹੋ—ਹੇ ਸਹੇਲੀਓ! ਮਨੋਰਥ—ਮੁਰਾਦਾਂ । ਸਫਲ—ਕਾਮਯਾਬ । ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਏਕੰਕਾਰੁ—ਵਿਆਪਕ ਪ੍ਰਭੂ । ਧਿਆਏ—ਧਿਆਇ, ਸਿਮਰ ਕੇ ।

ਜਪਿ—ਜਪ ਕੇ । ਰਵਿਆ—ਵਿਆਪਕ, ਮੌਜੂਦ । ਮੰਡਲਿ—ਮੰਡਲ ਵਿਚ, ਜਗਤ ਵਿਚ । ਛਾਇਆ—ਵਿਆਪਕ । ਬ੍ਰਹਮੋ ਪਸਾਰਾ—(ਇਹ ਸਾਰਾ) ਜਗਤ-ਖਿਲਾਰਾ ਪਰਮਾਤਮਾ ਹੀ ਹੈ । ਬ੍ਰਹਮੁ ਪਸਰਿਆ—ਪਰਮਾਤਮਾ (ਆਪਣੇ ਆਪ ਦਾ) ਪਰਕਾਸ਼ ਕਰ ਰਿਹਾ ਹੈ । ਸਭੁ—ਹਰ ਥਾਂ । ਦ੍ਰਿਸਟੀ ਆਇਆ—ਦਿੱਸਦਾ ਹੈ ।

ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ । ਜਾਏ—ਥਾਂ । ਪੇਖਿ—ਵੇਖ ਕੇ । ਬਿਗਸੇ—ਖਿੜ ਗਏ, ਪ੍ਰਸੰਨ-ਚਿੱਤ ਹੋ ਗਏ ।੪।

ਅਰਥ :—ਹੇ ਸਹੇਲੀਓ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਸਦਾ ਗਾਇਆ ਕਰੋ, ਉਹ ਸਾਰੀਆਂ ਮੁਰਾਦਾਂ ਪੂਰੀਆਂ ਕਰ ਦੇਂਦਾ ਹੈ । ਗੁਰੂ ਨੂੰ ਮਿਲ ਕੇ ਸਰਬ-ਵਿਆਪਕ ਪ੍ਰਭੂ ਦਾ ਨਾਮ ਸਿਮਰਿਆਂ ਜੀਵਨ ਕਾਮਯਾਬ ਹੋ ਜਾਂਦਾ ਹੈ ।

ਹੇ ਸਹੇਲੀਓ! ਉਹ ਇੱਕ ਪਰਮਾਤਮਾ ਅਨੇਕਾਂ ਵਿਚ ਵਿਆਪਕ ਹੈ, ਸਾਰੇ ਜਗਤ ਵਿਚ ਵਿਆਪਕ ਹੈ, ਇਹ ਸਾਰਾ ਜਗਤ-ਖਿਲਾਰਾ ਪ੍ਰਭੂ ਆਪ ਹੀ ਹੈ, (ਸਾਰੇ ਜਗਤ ਵਿਚ) ਪਰਮਾਤਮਾ (ਆਪਣੇ ਆਪ ਦਾ) ਪਰਕਾਸ਼ ਕਰ ਰਿਹਾ ਹੈ, (ਉਸ ਦਾ ਨਾਮ) ਜਪ ਕੇ ਹਰ ਥਾਂ ਉਹ ਪ੍ਰਭੂ ਹੀ ਦਿੱਸਣ ਲੱਗ ਪੈਂਦਾ ਹੈ ।

ਹੇ ਸਹੇਲੀਓ! ਉਸ ਪਰਮਾਤਮਾ ਤੋਂ ਖ਼ਾਲੀ ਕੋਈ ਭੀ ਥਾਂ ਨਹੀਂ ਹੈ । ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਉਹ ਮੌਜੂਦ ਹੈ । ਹੇ ਨਾਨਕ! (ਆਖ—ਹੇ ਸਹੇਲੀਓ! ਜਿਨ੍ਹਾਂ ਨੂੰ ਉਹ) ਆਪ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ, ਉਹ (ਉਸ ਸਰਬ-ਵਿਆਪਕ ਦਾ) ਦਰਸਨ ਕਰ ਕੇ ਆਨੰਦ-ਭਰਪੂਰ ਰਹਿੰਦੇ ਹਨ ।੪।੫।੮।

ਸੂਹੀ ਮਹਲਾ ੫ ॥ ਅਬਿਚਲ ਨਗਰੁ ਗੋਬਿੰਦ ਗੁਰੂ ਕਾ ਨਾਮੁ ਜਪਤ ਸੁਖੁ ਪਾਇਆ ਰਾਮ ॥ ਮਨ ਇਛੇ ਸੇਈ ਫਲ ਪਾਏ ਕਰਤੈ ਆਪਿ ਵਸਾਇਆ ਰਾਮ ॥ ਕਰਤੈ ਆਪਿ ਵਸਾਇਆ ਸਰਬ ਸੁਖ ਪਾਇਆ ਪੁਤ ਭਾਈ ਸਿਖ ਬਿਗਾਸੇ ॥ ਗੁਣ ਗਾਵਹਿ ਪੂਰਨ ਪਰਮੇਸੁਰ ਕਾਰਜੁ ਆਇਆ ਰਾਸੇ ॥ ਪ੍ਰਭੁ ਆਪਿ ਸੁਆਮੀ ਆਪੇ ਰਖਾ ਆਪਿ ਪਿਤਾ ਆਪਿ ਮਾਇਆ ॥ ਕਹੁ ਨਾਨਕ ਸਤਿਗੁਰ ਬਲਿਹਾਰੀ ਜਿਨਿ ਏਹੁ ਥਾਨੁ ਸੁਹਾਇਆ ॥੧॥ {ਪੰਨਾ ੭੮੩}

ਪਦ ਅਰਥ :—ਅਬਿਚਲ—ਕਦੇ ਨਾਸ ਨਾਹ ਹੋਣ ਵਾਲੇ ਪਰਮਾਤਮਾ ਦਾ । ਜਪਤ—ਜਪਦਿਆਂ । ਸੁਖੁ—ਆਤਮਕ ਆਨੰਦ । ਮਨ ਇਛੇ—ਮਨ-ਮੰਗੇ, ਜਿਨ੍ਹਾਂ ਦੀ ਇੱਛਾ ਮਨ ਵਿਚ ਕੀਤੀ । ਸੇਈ—ਉਹ (ਸਾਰੇ) ਹੀ । ਕਰਤੈ—ਕਰਤਾਰ ਨੇ । ਨਗਰੁ—(ਸਰੀਰ-) ਸ਼ਹਰ । ਸਰਬ ਸੁਖ—ਸਾਰੇ ਸੁਖ । ਸਿਖ—ਗੁਰੂ ਦੇ ਸਿੱਖ । ਬਿਗਾਸੇ—ਖਿੜ ਗਏ, ਪ੍ਰਸੰਨ-ਚਿੱਤ । ਗਾਵਹਿ—ਗਾਂਦੇ ਹਨ । ਕਾਰਜੁ—ਮਨੁੱਖਾ ਜੀਵਨ ਦਾ ਮਨੋਰਥ । ਆਇਆ ਰਾਸੇ—ਸਿਰੇ ਚੜ੍ਹ ਜਾਂਦਾ ਹੈ । ਰਖਾ—ਰਾਖਾ । ਮਾਇਆ—ਮਾਂ । ਸਤਿਗੁਰ ਬਲਿਹਾਰੀ—ਗੁਰੂ ਤੋਂ ਸਦਕੇ । ਜਿਨਿ—ਜਿਸ (ਗੁਰੂ) ਨੇ । ਥਾਨੁ—(ਸਰੀਰ-) ਥਾਂ ।

ਅਰਥ :—ਹੇ ਭਾਈ! (ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਨੇ) ਸਭ ਤੋਂ ਵੱਡੇ ਗੋਬਿੰਦ ਦਾ ਨਾਮ ਜਪਦਿਆਂ ਆਤਮਕ ਆਨੰਦ ਪ੍ਰਾਪਤ ਕਰ ਲਿਆ, (ਉਹਨਾਂ ਦਾ ਸਰੀਰ) ਅਬਿਨਾਸੀ ਪਰਮਾਤਮਾ ਦੇ ਰਹਿਣ ਲਈ ਸ਼ਹਰ ਬਣ ਗਿਆ । ਕਰਤਾਰ ਨੇ (ਉਸ ਸਰੀਰ-ਸ਼ਹਰ ਨੂੰ) ਆਪ ਵਸਾ ਦਿੱਤਾ (ਆਪਣੇ ਵੱਸਣ ਲਈ ਤਿਆਰ ਕਰ ਲਿਆ) ਉਹਨਾਂ ਮਨੁੱਖਾਂ ਨੇ ਮਨ-ਮੰਗੀਆਂ ਮੁਰਾਦਾਂ ਸਦਾ ਹਾਸਲ ਕੀਤੀਆਂ ।

ਹੇ ਭਾਈ! ਕਰਤਾਰ ਨੇ (ਜਿਨ੍ਹਾਂ ਮਨੁੱਖਾਂ ਦੇ ਸਰੀਰ ਨੂੰ) ਆਪਣੇ ਵੱਸਣ ਲਈ ਤਿਆਰ ਕਰ ਲਿਆ, ਉਹਨਾਂ ਨੇ ਸਾਰੇ ਸੁਖ-ਆਨੰਦ ਮਾਣੇ, (ਗੁਰੂ ਕੇ ਉਹ) ਸਿੱਖ (ਗੁਰੂ ਕੇ ਉਹ) ਪੁੱਤਰ (ਗੁਰੂ ਕੇ ਉਹ) ਭਰਾ ਸਦਾ ਖਿੜੇ-ਮੱਥੇ ਰਹਿੰਦੇ ਹਨ । (ਉਹ ਵਡ-ਭਾਗੀ ਮਨੁੱਖ) ਸਰਬ-ਵਿਆਪਕ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, (ਉਹਨਾਂ ਮਨੁੱਖਾਂ ਦਾ) ਜੀਵਨ ਮਨੋਰਥ ਸਿਰੇ ਚੜ੍ਹ ਜਾਂਦਾ ਹੈ ।

ਹੇ ਭਾਈ! (ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਜਪਦੇ ਹਨ, ਜਿਨ੍ਹਾਂ ਦੇ ਸਰੀਰ ਨੂੰ ਪਰਮਾਤਮਾ ਨੇ ਆਪਣੇ ਵੱਸਣ ਲਈ ਸ਼ਹਰ ਬਣਾ ਲਿਆ) ਮਾਲਕ-ਪ੍ਰਭੂ (ਉਹਨਾਂ ਦੇ ਸਿਰ ਉੱਤੇ) ਸਦਾ ਆਪ ਹੀ ਰਾਖਾ ਬਣਿਆ ਰਹਿੰਦਾ ਹੈ (ਜਿਵੇਂ ਮਾਪੇ ਆਪਣੇ ਪੁੱਤਰ ਦਾ ਧਿਆਨ ਰੱਖਦੇ ਹਨ, ਤਿਵੇਂ ਪਰਮਾਤਮਾ ਉਹਨਾਂ ਮਨੁੱਖਾਂ ਲਈ) ਆਪ ਹੀ ਪਿਉ ਆਪ ਹੀ ਮਾਂ ਬਣਿਆ ਰਹਿੰਦਾ ਹੈ । ਹੇ ਨਾਨਕ! ਆਖ—(ਹੇ ਭਾਈ!) ਉਸ ਗੁਰੂ ਤੋਂ ਸਦਾ ਕੁਰਬਾਨ ਹੁੰਦਾ ਰਹੁ, ਜਿਸ ਨੇ (ਹਰਿ-ਨਾਮ-ਸਿਮਰਨ ਦੀ ਦਾਤਿ ਦੇ ਕੇ ਕਿਸੇ ਵਡ-ਭਾਗੀ ਦੇ) ਇਸ ਸਰੀਰ-ਥਾਂ ਨੂੰ ਸੁੰਦਰ ਬਣਾ ਦਿੱਤਾ ।੧।

ਘਰ ਮੰਦਰ ਹਟਨਾਲੇ ਸੋਹੇ ਜਿਸੁ ਵਿਚਿ ਨਾਮੁ ਨਿਵਾਸੀ ਰਾਮ ॥ ਸੰਤ ਭਗਤ ਹਰਿ ਨਾਮੁ ਅਰਾਧਹਿ ਕਟੀਐ ਜਮ ਕੀ ਫਾਸੀ ਰਾਮ ॥ ਕਾਟੀ ਜਮ ਫਾਸੀ ਪ੍ਰਭਿ ਅਬਿਨਾਸੀ ਹਰਿ ਹਰਿ ਨਾਮੁ ਧਿਆਏ ॥ ਸਗਲ ਸਮਗ੍ਰੀ ਪੂਰਨ ਹੋਈ ਮਨ ਇਛੇ ਫਲ ਪਾਏ ॥ ਸੰਤ ਸਜਨ ਸੁਖਿ ਮਾਣਹਿ ਰਲੀਆ ਦੂਖ ਦਰਦ ਭ੍ਰਮ ਨਾਸੀ ॥ ਸਬਦਿ ਸਵਾਰੇ ਸਤਿਗੁਰਿ ਪੂਰੈ ਨਾਨਕ ਸਦ ਬਲਿ ਜਾਸੀ ॥੨॥ {ਪੰਨਾ ੭੮੩}

ਪਦ ਅਰਥ :—ਜਿਸੁ ਵਿਚਿ—ਜਿਸ (ਸਰੀਰ-ਨਗਰ) ਵਿਚ । ਘਰ ਮੰਦਰ ਹਟਨਾਲੇ—(ਉਸ ਸਰੀਰ-ਨਗਰ ਦੇ) ਘਰ ਮੰਦਰ ਦੇ ਬਾਜ਼ਾਰ, ਉਸ ਸਰੀਰ ਦੇ ਸਾਰੇ ਗਿਆਨ-ਇੰਦ੍ਰੇ । ਸੋਹੇ—ਸੋਹਣੇ ਬਣ ਜਾਂਦੇ ਹਨ, ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । ਅਰਾਧਹਿ—ਆਰਾਧਦੇ ਹਨ, ਸਿਮਰਦੇ ਹਨ । ਕਟੀਐ—ਕੱਟੀ ਜਾਂਦੀ ਹੈ । ਪ੍ਰਭਿ—ਪ੍ਰਭੂ ਨੇ । ਸਗਲ ਸਮਗ੍ਰੀ—{ਸਾਮਗ੍ਰੀ} ਜਮ ਦੀ ਫਾਹੀ ਕੱਟਣ ਲਈ ਸਾਰੇ ਲੋੜੀਂਦੇ ਆਤਮਕ ਗੁਣ {ਨੋਟ :—ਕੜਾਹ ਪ੍ਰਸ਼ਾਦ ਤਿਆਰ ਕਰਨ ਲਈ ਘਿਉ, ਖੰਡ, ਆਟਾ, ਪਾਣੀ, ਅੱਗ—ਇਹਨਾਂ ਚੀਜ਼ਾਂ ਦੀ ਲੋੜ ਪੈਂਦੀ ਹੈ । ਘਿਉ ਖੰਡ ਆਟਾ ਸਮਗ੍ਰੀ ਹੈ । ਜਮ ਦੀ ਫਾਹੀ ਆਤਮਕ ਮੌਤ ਮੁਕਾਣ ਲਈ ਇਹ ਜ਼ਰੂਰੀ ਹੈ ਕਿ ਸਾਰੇ ਗਿਆਨ-ਇੰਦ੍ਰੇ ਵਿਕਾਰਾਂ ਵਲੋਂ ਮੂੰਹ ਮੋੜ ਚੁਕੇ ਹੋਣ । ਸਾਰੇ ਆਤਮਕ ਗੁਣਾਂ ਦਾ ਇਕੱਠ ਸਮਗ੍ਰੀ ਹੈ} । ਪੂਰਨ—ਮੁਕੰਮਲ । ਸੁਖਿ—ਆਨੰਦ ਵਿਚ (ਟਿਕ ਕੇ) । ਰਲੀਆ—ਆਤਮਕ ਆਨੰਦ । ਸਬਦਿ—ਸ਼ਬਦ ਦੀ ਰਾਹੀਂ । ਸਤਿਗੁਰਿ ਪੂਰੇ—ਪੂਰੇ ਗੁਰੂ ਨੇ । ਸਦ—ਸਦਾ । ਬਲਿ ਜਾਸੀ—ਸਦਕੇ ਜਾਂਦਾ ਹਾਂ ।੨।

ਅਰਥ :—ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਜਿਸ (ਸਰੀਰ-ਨਗਰ) ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, (ਉਸ ਸਰੀਰ ਦੇ) ਸਾਰੇ ਹੀ ਗਿਆਨ-ਇੰਦ੍ਰੇ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । (ਉਸ ਸਰੀਰ-ਨਗਰ ਵਿਚ ਬੈਠੇ) ਸੰਤ-ਜਨ ਭਗਤ-ਜਨ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ । (ਨਾਮ-ਸਿਮਰਨ ਦੀ ਬਰਕਤਿ ਨਾਲ) ਆਤਮਕ ਮੌਤ ਦੀ ਫਾਹੀ ਕੱਟੀ ਜਾਂਦੀ ਹੈ ।

ਹੇ ਭਾਈ! (ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਨੇ) ਪਰਮਾਤਮਾ ਦਾ ਨਾਮ ਸਿਮਰਿਆ, ਅਬਿਨਾਸੀ ਪ੍ਰਭੂ ਨੇ ਉਹਨਾਂ ਦੀ ਆਤਮਕ ਮੌਤ ਦੀ ਫਾਹੀ ਕੱਟ ਦਿੱਤੀ । (ਆਤਮਕ ਮੌਤ ਦੀ ਫਾਹੀ ਕੱਟਣ ਲਈ ਉਹਨਾਂ ਦੇ ਅੰਦਰ) ਸਾਰੇ ਲੋੜੀਂਦੇ ਆਤਮਕ ਗੁਣ ਮੁਕੰਮਲ ਹੋ ਗਏ, ਉਹਨਾਂ ਦੀਆਂ ਮਨ-ਬਾਂਛਤ ਮੁਰਾਦਾਂ ਪੂਰੀਆਂ ਹੋ ਗਈਆਂ ।

ਹੇ ਭਾਈ! (ਗੁਰੂ ਦੀ ਰਾਹੀਂ ਨਾਮ ਸਿਮਰ ਕੇ) ਸੰਤ-ਜਨ ਭਗਤ-ਜਨ ਸੁਖ ਵਿਚ (ਟਿਕ ਕੇ) ਆਤਮਕ ਆਨੰਦ ਮਾਣਦੇ ਹਨ । (ਉਹਨਾਂ ਦੇ ਅੰਦਰੋਂ) ਸਾਰੇ ਦੁੱਖ ਦਰਦ ਤੇ ਭਰਮ ਨਾਸ ਹੋ ਜਾਂਦੇ ਹਨ । ਹੇ ਨਾਨਕ! (ਆਖ—ਮੈਂ) ਉਸ ਪੂਰੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ਜਿਸ ਨੇ (ਆਪਣੇ) ਸ਼ਬਦ ਦੀ ਰਾਹੀਂ (ਸਰਨ-ਪਏ ਮਨੁੱਖ ਦੇ) ਜੀਵਨ ਸੋਹਣੇ ਬਣਾ ਦਿੱਤੇ ।੨।

ਦਾਤਿ ਖਸਮ ਕੀ ਪੂਰੀ ਹੋਈ ਨਿਤ ਨਿਤ ਚੜੈ ਸਵਾਈ ਰਾਮ ॥ ਪਾਰਬ੍ਰਹਮਿ ਖਸਮਾਨਾ ਕੀਆ ਜਿਸ ਦੀ ਵਡੀ ਵਡਿਆਈ ਰਾਮ ॥ ਆਦਿ ਜੁਗਾਦਿ ਭਗਤਨ ਕਾ ਰਾਖਾ ਸੋ ਪ੍ਰਭੁ ਭਇਆ ਦਇਆਲਾ ॥ ਜੀਅ ਜੰਤ ਸਭਿ ਸੁਖੀ ਵਸਾਏ ਪ੍ਰਭਿ ਆਪੇ ਕਰਿ ਪ੍ਰਤਿਪਾਲਾ ॥ ਦਹ ਦਿਸ ਪੂਰਿ ਰਹਿਆ ਜਸੁ ਸੁਆਮੀ ਕੀਮਤਿ ਕਹਣੁ ਨ ਜਾਈ ॥ ਕਹੁ ਨਾਨਕ ਸਤਿਗੁਰ ਬਲਿਹਾਰੀ ਜਿਨਿ ਅਬਿਚਲ ਨੀਵ ਰਖਾਈ ॥੩॥ {ਪੰਨਾ ੭੮੩}

ਪਦ ਅਰਥ :—ਦਾਤਿ—(ਨਾਮ ਸਿਮਰਨ ਦੀ) ਬਖ਼ਸ਼ਸ਼ । ਦਾਤਿ ਪੂਰੀ—ਮੁਕੰਮਲ ਬਖ਼ਸ਼ਸ਼ । ਚੜੈ ਸਵਾਈ—ਵਧਦੀ ਰਹਿੰਦੀ ਹੈ । ਪਾਰਬ੍ਰਹਮਿ—ਪਰਮਾਤਮਾ ਨੇ । ਖਸਮਾਨਾ—ਖਸਮ ਵਾਲਾ ਫ਼ਰਜ਼, ਸਹਾਇਤਾ । ਜਿਸ ਦੀ—{ਸੰਬੰਧਕ 'ਦੀ' ਦੇ ਕਾਰਨ ਲਫ਼ਜ਼ ਜਿਸੁ' ਦਾ ੁ ਉੱਡ ਗਿਆ ਹੈ} ਜਿਸ (ਪਰਮਾਤਮਾ) ਦੀ । ਵਡਿਆਈ—ਸਮਰਥਾ, ਨਾਮਣਾ । ਆਦਿ ਜੁਗਾਦਿ—ਸ਼ੁਰੂ ਤੋਂ, ਜੁਗਾਂ ਦੇ ਸ਼ੁਰੂ ਤੋਂ, ਸਦਾ ਤੋਂ ਹੀ । ਦਇਆਲਾ—ਦਇਆਵਾਨ । ਸਭਿ—ਸਾਰੇ । ਪ੍ਰਭਿ—ਪ੍ਰਭੂ ਨੇ! ਪ੍ਰਤਿਪਾਲਾ—ਪਾਲਣਾ । ਦਹ ਦਿਸ—ਦਸੀ-ਪਾਸੀਂ {ਚਾਰ ਪਾਸੇ, ਚਾਰ ਨੁੱਕਰਾਂ, ਉੱਪਰ, ਹੇਠ} ਸਾਰੇ ਜਗਤ ਵਿਚ । ਪੂਰਿ ਰਹਿਆ—ਖਿਲਰਿਆ ਹੋਇਆ ਹੈ । ਜਸੁ—ਸੋਭਾ, ਵਡਿਆਈ । ਜਿਨਿ—ਜਿਸ ਗੁਰੂ ਨੇ । ਅਬਿਚਲ—ਕਦੇ ਨਾਹ ਹਿੱਲਣ ਵਾਲੀ । ਨੀਵ—ਨੀਂਹ, ਨਾਮ ਸਿਮਰਨ ਦੀ ਨੀਂਹ ।੩।

ਅਰਥ :—ਹੇ ਭਾਈ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਉਤੇ ਨਾਮ ਸਿਮਰਨ ਦੀ) ਪੂਰਨ ਬਖ਼ਸ਼ਸ਼ ਪਰਮਾਤਮਾ ਵਲੋਂ ਹੁੰਦੀ ਹੈ (ਉਸ ਦੇ ਅੰਦਰ ਇਹ ਬਖ਼ਸ਼ਸ਼) ਸਦਾ ਵਧਦੀ ਰਹਿੰਦੀ ਹੈ, ਕਿਉਂਕਿ ਜਿਸ ਪਰਮਾਤਮਾ ਦੀ ਬੇਅੰਤ ਸਮਰਥਾ ਹੈ ਉਸ ਨੇ ਆਪ ਉਸ ਮਨੁੱਖ ਦੇ ਸਿਰ ਉੱਤੇ ਆਪਣਾ ਹੱਥ ਰੱਖਿਆ ਹੁੰਦਾ ਹੈ ।

ਹੇ ਭਾਈ! ਜਗਤ ਦੇ ਸ਼ੁਰੂ ਤੋਂ ਹੀ ਪਰਮਾਤਮਾ ਆਪਣੇ ਭਗਤਾਂ ਦਾ ਰਾਖਾ ਬਣਿਆ ਆ ਰਿਹਾ ਹੈ, ਭਗਤਾਂ ਉਤੇ ਦਇਆਵਾਨ ਹੁੰਦਾ ਆ ਰਿਹਾ ਹੈ । ਉਸ ਪ੍ਰਭੂ ਨੇ ਆਪ ਹੀ ਸਭ ਜੀਵਾਂ ਦੀ ਪਾਲਣਾ ਕੀਤੀ, ਉਸ ਨੇ ਆਪ ਹੀ ਸਾਰੇ ਜੀਵਾਂ ਨੂੰ ਸੁਖੀ ਵਸਾਇਆ ਹੋਇਆ ਹੈ । ਸਾਰੇ ਹੀ ਜਗਤ ਵਿਚ ਉਸ ਦੀ ਸੋਭਾ ਖਿਲਰੀ ਹੋਈ ਹੈ, (ਉਸ ਦੀ ਵਡਿਆਈ ਦਾ) ਮੁੱਲ ਨਹੀਂ ਦੱਸਿਆ ਜਾ ਸਕਦਾ ।

ਹੇ ਨਾਨਕ! ਆਖ—ਹੇ ਭਾਈ! ਉਸ ਗੁਰੂ ਤੋਂ ਸਦਾ ਕੁਰਬਾਨ ਹੋ, ਜਿਸ ਨੇ ਕਦੇ ਨਾਹ ਹਿੱਲਣ ਵਾਲੀ (ਹਰਿ-ਨਾਮ ਸਿਮਰਨ ਦੀ) ਨੀਂਹ ਰੱਖੀ ਹੈ (ਜਿਹੜਾ ਗੁਰੂ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਸਿਮਰਨ ਦੀ ਅਹਿੱਲ ਨੀਂਹ ਰੱਖ ਦੇਂਦਾ ਹੈ) ।੩।

ਗਿਆਨ ਧਿਆਨ ਪੂਰਨ ਪਰਮੇਸੁਰ ਹਰਿ ਹਰਿ ਕਥਾ ਨਿਤ ਸੁਣੀਐ ਰਾਮ ॥ ਅਨਹਦ ਚੋਜ ਭਗਤ ਭਵ ਭੰਜਨ ਅਨਹਦ ਵਾਜੇ ਧੁਨੀਐ ਰਾਮ ॥ ਅਨਹਦ ਝੁਣਕਾਰੇ ਤਤੁ ਬੀਚਾਰੇ ਸੰਤ ਗੋਸਟਿ ਨਿਤ ਹੋਵੈ ॥ ਹਰਿ ਨਾਮੁ ਅਰਾਧਹਿ ਮੈਲੁ ਸਭ ਕਾਟਹਿ ਕਿਲਵਿਖ ਸਗਲੇ ਖੋਵੈ ॥ ਤਹ ਜਨਮ ਨ ਮਰਣਾ ਆਵਣ ਜਾਣਾ ਬਹੁੜਿ ਨ ਪਾਈਐ ਜੁੋਨੀਐ ॥ ਨਾਨਕ ਗੁਰੁ ਪਰਮੇਸਰੁ ਪਾਇਆ ਜਿਸੁ ਪ੍ਰਸਾਦਿ ਇਛ ਪੁਨੀਐ ॥੪॥੬॥੯॥ {ਪੰਨਾ ੭੮੩}

ਪਦ ਅਰਥ :—ਗਿਆਨ—ਡੂੰਘੀ ਸਾਂਝ । ਧਿਆਨ—ਸੁਰਤਿ ਜੋੜਨੀ, ਸਮਾਧੀ । ਕਥਾ—ਸਿਫ਼ਤਿ-ਸਾਲਾਹ । ਨਿਤ—ਸਦਾ । ਸੁਣੀਐ—ਸੁਣੀ ਜਾਂਦੀ ਹੈ । ਭਵ ਭੰਜਨ—ਜਨਮ-ਮਰਨ ਦਾ ਗੇੜ ਨਾਸ ਕਰਨ ਵਾਲਾ । ਭਗਤ ਭਵਭੰਜਨ—ਭਗਤਾਂ ਦੇ ਜਨਮਾਂ ਦੇ ਗੇੜ ਨਾਸ ਕਰਨ ਵਾਲਾ । ਚੋਜ ਭਗਤ ਭਵ ਭੰਜਨ—ਭਗਤਾਂ ਦੇ ਜਨਮਾਂ ਦੇ ਗੇੜ ਨਾਸ ਕਰਨ ਵਾਲੇ ਪਰਮਾਤਮਾ ਦੇ ਚੋਜ-ਤਮਾਸ਼ੇ । ਅਨਹਦ—ਇਕ-ਰਸ, ਲਗਾਤਾਰ । ਵਾਜੇ ਧੁਨੀਐ—ਸਿਫ਼ਤਿ-ਸਾਲਾਹ ਦੀ ਪ੍ਰਬਲ ਧੁਨੀ । ਝੁਣਕਾਰੇ—ਕੀਰਤਨ । ਗੋਸਟਿ—ਚਰਚਾ, ਪਰਸਪਰ ਵਿਚਾਰ । ਅਰਾਧਹਿ—ਅਰਾਧਦੇ ਹਨ । ਸਭ—ਸਾਰੀ । ਕਿਲਵਿਖ—ਪਾਪ । ਖੋਵੈ—ਦੂਰ ਕਰ ਦੇਂਦਾ ਹੈ {ਇਕ-ਵਚਨ} । ਤਹ—ਉਸ ('ਅਬਿਚਲ ਨਗਰ') ਵਿਚ, ਸੰਤ ਜਨਾਂ ਦੇ ਸਰੀਰ-ਨਗਰ ਵਿਚ । ਬਹੁੜਿ—ਮੁੜ ਮੁੜ । ਨ ਪਾਈਐ ਜੁੋਨੀਐ—ਜੂਨ ਵਿਚ ਨਹੀਂ ਪਾਇਆ ਜਾਂਦਾ । ਜੁੋਨੀਐ—{ਅੱਖਰ 'ਜ' ਦੇ ਨਾਲ ਦੋ ਲਗਾਂ ਹਨ—ੋ ਅਤੇ ੁ । ਅਸਲ ਲਫ਼ਜ਼ 'ਜੋਨੀਐ' ਹੈ, ਇਥੇ

'ਜੁਨੀਐ' ਪੜ੍ਹਨਾ ਹੈ} । ਜਿਸੁ ਪ੍ਰਸਾਦਿ—ਜਿਸ ਦੀ ਕਿਰਪਾ ਨਾਲ । ਪੁਨੀਐ—ਪੂਰੀ ਹੋ ਜਾਂਦੀ ਹੈ ।੪।

ਅਰਥ :—ਹੇ ਭਾਈ! (ਉਸ 'ਅਬਿਚਲ ਨਗਰ' ਵਿਚ) ਸਰਬ-ਵਿਆਪਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਦੀ, ਪਰਮਾਤਮਾ ਵਿਚ ਸੁਰਤਿ ਜੋੜਨ ਦੀ ਕਥਾ-ਵਿਚਾਰ ਹੁੰਦੀ ਸੁਣੀਦੀ ਰਹਿੰਦੀ ਹੈ । (ਸੰਤ ਜਨਾਂ ਦੇ ਉਸ ਸਰੀਰ ਨਗਰ ਵਿਚ) ਭਗਤਾਂ ਦੇ ਜਨਮ ਮਰਨ ਦੇ ਗੇੜ ਨਾਸ ਕਰਨ ਵਾਲੇ ਪਰਮਾਤਮਾ ਦੇ ਚੋਜ-ਤਮਾਸ਼ਿਆਂ ਅਤੇ ਸਿਫ਼ਤਿ-ਸਾਲਾਹ ਦੀ ਇਕ-ਰਸ ਪ੍ਰਬਲ ਧੁਨੀ ਉਠਦੀ ਰਹਿੰਦੀ ਹੈ ।

ਹੇ ਭਾਈ! (ਉਸ 'ਅਬਿਚਲ ਨਗਰ' ਵਿਚ, ਸੰਤ ਜਨਾਂ ਦੇ ਉਸ ਸਰੀਰ-ਨਗਰ ਵਿਚ) ਪਰਮਾਤਮਾ ਦੀ ਇਕ-ਰਸ ਸਿਫ਼ਤਿ-ਸਾਲਾਹ ਹੁੰਦੀ ਰਹਿੰਦੀ ਹੈ, ਜਗਤ-ਦੇ-ਮੂਲ ਪ੍ਰਭੂ ਦੇ ਗੁਣਾਂ ਦੀ ਵਿਚਾਰ ਹੁੰਦੀ ਰਹਿੰਦੀ ਹੈ, ਸੰਤ-ਜਨਾਂ ਦੀ ਪਰਸਪਰ ਰੱਬੀ ਵਿਚਾਰ ਹੁੰਦੀ ਰਹਿੰਦੀ ਹੈ । (ਸੰਤ-ਜਨ ਉਸ 'ਅਬਿਚਲ ਨਗਰ' ਵਿਚ) ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, (ਇਸ ਤਰ੍ਹਾਂ ਆਪਣੇ ਅੰਦਰੋਂ ਵਿਕਾਰਾਂ ਦੀ) ਸਾਰੀ ਮੈਲ ਦੂਰ ਕਰਦੇ ਰਹਿੰਦੇ ਹਨ, (ਪਰਮਾਤਮਾ ਦਾ ਨਾਮ ਉਹਨਾਂ ਦੇ) ਸਾਰੇ ਪਾਪ ਦੂਰ ਕਰਦਾ ਰਹਿੰਦਾ ਹੈ ।

ਹੇ ਭਾਈ! ਉਸ ('ਅਬਿਚਲ ਨਗਰ') ਵਿਚ ਟਿਕਿਆਂ ਜਨਮ-ਮਰਨ ਦਾ ਗੇੜ ਨਹੀਂ ਰਹਿ ਜਾਂਦਾ, ਮੁੜ ਮੁੜ ਜੂਨਾਂ ਵਿਚ ਨਹੀਂ ਪਈਦਾ । ਹੇ ਨਾਨਕ, (ਆਖ—ਹੇ) ਭਾਈ!) ਜਿਸ ਗੁਰੂ ਦੀ ਕਿਰਪਾ ਨਾਲ ਜਿਸ ਪ੍ਰਭੂ ਦੀ ਮਿਹਰ ਨਾਲ (ਮਨੁੱਖ ਦੀ) ਹਰੇਕ ਇੱਛਾ ਪੂਰੀ ਹੁੰਦੀ ਜਾਂਦੀ ਹੈ, ਉਹ ਗੁਰੂ ਉਹ ਪਰਮੇਸਰ (ਉਸ 'ਅਬਿਚਲ ਨਗਰ' ਵਿਚ ਟਿਕਿਆਂ) ਮਿਲ ਪੈਂਦਾ ਹੈ ।੪।੬।੯।

ਸੂਹੀ ਮਹਲਾ ੫ ॥ ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ ॥ ਧਰਤਿ ਸੁਹਾਵੀ ਤਾਲੁ ਸੁਹਾਵਾ ਵਿਚਿ ਅੰਮ੍ਰਿਤ ਜਲੁ ਛਾਇਆ ਰਾਮ ॥ ਅੰਮ੍ਰਿਤ ਜਲੁ ਛਾਇਆ ਪੂਰਨ ਸਾਜੁ ਕਰਾਇਆ ਸਗਲ ਮਨੋਰਥ ਪੂਰੇ ॥ ਜੈ ਜੈ ਕਾਰੁ ਭਇਆ ਜਗ ਅੰਤਰਿ ਲਾਥੇ ਸਗਲ ਵਿਸੂਰੇ ॥ ਪੂਰਨ ਪੁਰਖ ਅਚੁਤ ਅਬਿਨਾਸੀ ਜਸੁ ਵੇਦ ਪੁਰਾਣੀ ਗਾਇਆ ॥ ਅਪਨਾ ਬਿਰਦੁ ਰਖਿਆ ਪਰਮੇਸਰਿ ਨਾਨਕ ਨਾਮੁ ਧਿਆਇਆ ॥੧॥ {ਪੰਨਾ ੭੮੩}

ਪਦ ਅਰਥ :—ਕਾਰਜਿ—ਕੰਮ ਵਿਚ, ਕੰਮ (ਦੀ ਸਫਲਤਾ) ਵਿਚ । ਧਰਤਿ—(ਸੰਤ ਜਨਾਂ ਦੀ ਸਰੀਰ-) ਧਰਤੀ । ਸੁਹਾਵੀ—ਸੋਹਣੀ । ਤਾਲੁ—(ਸੰਤ ਜਨਾਂ ਦਾ ਹਿਰਦਾ-) ਤਾਲਾਬ । ਵਿਚਿ—(ਹਿਰਦੇ-ਤਲਾਬ) ਵਿਚ । ਅੰਮ੍ਰਿਤ ਜਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਛਾਇਆ—ਛਾ ਗਿਆ, ਪ੍ਰਭਾਵ ਪਾ ਲਿਆ । ਸਾਜੁ—ਉੱਦਮ । ਪੂਰਨ ਸਾਜ ਕਰਾਇਆ—ਸਾਰਾ ਉੱਦਮ ਸਫਲ ਕਰ ਦਿੱਤਾ । ਮਨੋਰਥ—ਮੁਰਾਦਾਂ । ਜੈ ਜੈ ਕਾਰੁ—ਸੋਭਾ, ਵਡਿਆਈ । ਅੰਤਰਿ—ਅੰਦਰ, ਵਿਚ । ਵਿਸੂਰੇ—ਚਿੰਤਾ-ਝੋਰੇ । ਅਚੁਤ ਜਸੁ—ਅਚੁੱਤ ਪ੍ਰਭੂ ਦਾ ਜਸ । ਅਚੁਤ—{Áਯੁ—ਟੋ ਡਓਲਲ} ਕਦੇ ਨਾਸ ਨਾਹ ਹੋਣ ਵਾਲਾ । ਵੇਦ—ਵੇਦਾਂ ਨੇ {ਬਹੁ-ਵਚਨ} । ਪੁਰਾਣੀ—ਪੁਰਾਣਾਂ ਨੇ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਪਰਮੇਸਰਿ—ਪਰਮੇਸਰ ਨੇ ।੧।

ਅਰਥ :—ਹੇ ਭਾਈ! (ਪਰਮਾਤਮਾ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਆਪਣੇ) ਸੰਤਾਂ ਦੇ ਕੰਮ ਵਿਚ ਉਹ ਆਪ ਸਹਾਈ ਹੁੰਦਾ ਰਿਹਾ ਹੈ, ਆਪਣੇ ਸੰਤਾਂ ਦਾ ਕੰਮ ਸਿਰੇ ਚੜ੍ਹਾਣ ਲਈ ਉਹ ਆਪ ਆਉਂਦਾ ਰਿਹਾ ਹੈ ।

ਹੇ ਭਾਈ! (ਪਰਮਾਤਮਾ ਦੀ ਮਿਹਰ ਨਾਲ ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆਪਣਾ ਪੂਰਾ ਪ੍ਰਭਾਵ ਪਾ ਲੈਂਦਾ ਹੈ, ਉਸ ਮਨੁੱਖ ਦੀ (ਕਾਂਇਆਂ-) ਧਰਤੀ ਸੋਹਣੀ ਬਣ ਜਾਂਦੀ ਹੈ, ਉਸ ਮਨੁੱਖ ਦਾ (ਹਿਰਦਾ) ਤਲਾਬ ਸੋਹਣਾ ਹੋ ਜਾਂਦਾ ਹੈ । (ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਕਾ-ਨਕ ਭਰ ਜਾਂਦਾ ਹੈ, (ਆਤਮਕ ਜੀਵਨ ਉੱਚਾ ਕਰਨ ਵਾਲਾ ਉਸ ਮਨੁੱਖ ਦਾ) ਸਾਰਾ ਉੱਦਮ ਪਰਮਾਤਮਾ ਸਿਰੇ ਚਾੜ੍ਹ ਦੇਂਦਾ ਹੈ, (ਉਸ ਮਨੁੱਖ ਦੀਆਂ) ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ । (ਉਸ ਮਨੁੱਖ ਦੀ) ਸੋਭਾ ਸਾਰੇ ਜਗਤ ਵਿਚ ਹੋਣ ਲੱਗ ਪੈਂਦੀ ਹੈ, (ਉਸ ਦੇ) ਸਾਰੇ ਚਿੰਤਾ-ਝੋਰੇ ਮੁੱਕ ਜਾਂਦੇ ਹਨ ।

ਹੇ ਨਾਨਕ! ਪਰਮੇਸਰ ਨੇ ਆਪਣਾ ਇਹ ਮੁੱਢ-ਕਦੀਮਾਂ ਦਾ ਸੁਭਾਉ ਸਦਾ ਹੀ ਕਾਇਮ ਰੱਖਿਆ ਹੈ (ਕਿ ਜਿਸ ਉਤੇ ਉਸ ਨੇ ਮਿਹਰ ਕੀਤੀ, ਉਸ ਨੇ ਉਸ ਦਾ) ਨਾਮ ਸਿਮਰਨਾ ਸ਼ੁਰੂ ਕਰ ਦਿੱਤਾ । ਉਸ ਸਰਬ-ਵਿਆਪਕ ਅਤੇ ਕਦੇ ਨਾਹ ਨਾਸ ਹੋਣ ਵਾਲੇ ਪਰਮਾਤਮਾ ਦੀ (ਇਹੀ) ਸਿਫ਼ਤਿ (ਪੁਰਾਣੇ ਧਰਮ-ਪੁਸਤਕਾਂ) ਵੇਦਾਂ ਅਤੇ ਪੁਰਾਣਾਂ ਨੇ (ਭੀ) ਕੀਤੀ ਹੈ ।੧।

ਨਵਨਿਧਿ ਸਿਧਿ ਰਿਧਿ ਦੀਨੇ ਕਰਤੇ ਤੋਟਿ ਨ ਆਵੈ ਕਾਈ ਰਾਮ ॥ ਖਾਤ ਖਰਚਤ ਬਿਲਛਤ ਸੁਖੁ ਪਾਇਆ ਕਰਤੇ ਕੀ ਦਾਤਿ ਸਵਾਈ ਰਾਮ ॥ ਦਾਤਿ ਸਵਾਈ ਨਿਖੁਟਿ ਨ ਜਾਈ ਅੰਤਰਜਾਮੀ ਪਾਇਆ ॥ ਕੋਟਿ ਬਿਘਨ ਸਗਲੇ ਉਠਿ ਨਾਠੇ ਦੂਖੁ ਨ ਨੇੜੈ ਆਇਆ ॥ ਸਾਂਤਿ ਸਹਜ ਆਨੰਦ ਘਨੇਰੇ ਬਿਨਸੀ ਭੂਖ ਸਬਾਈ ॥ ਨਾਨਕ ਗੁਣ ਗਾਵਹਿ ਸੁਆਮੀ ਕੇ ਅਚਰਜੁ ਜਿਸੁ ਵਡਿਆਈ ਰਾਮ ॥੨॥ {ਪੰਨਾ ੭੮੪}

ਪਦ ਅਰਥ :—ਨਵ ਨਿਧਿ—(ਧਰਤੀ ਦੇ ਸਾਰੇ) ਨੌ ਖ਼ਜ਼ਾਨੇ {ਨਵ—ਨੌ । ਨਿਧਿ—ਖ਼ਜ਼ਾਨੇ} । ਸਿਧਿ ਰਿਧਿ—ਕਰਾਮਾਤੀ ਤਾਕਤਾਂ । ਦੀਨੇ—ਦੇ ਦਿੱਤੇ । ਕਾਈ—ਰਤਾ ਭਰ ਭੀ । ਬਿਲਛਤ—ਮਾਣਦਿਆਂ । ਦਾਤਿ—(ਨਾਮ ਦੀ) ਬਖ਼ਸ਼ਸ਼ । ਸਵਾਈ—ਵਧਦੀ ਜਾਂਦੀ ਹੈ । ਅੰਤਰਜਾਮੀ—(ਹਰੇਕ ਦੇ) ਦਿਲ ਦੀ ਜਾਣਨ ਵਾਲਾ । ਕੋਟਿ ਬਿਘਨ—ਕ੍ਰੋੜਾਂ ਰੁਕਾਵਟਾਂ । ਸਹਜ—ਆਤਮਕ ਅਡੋਲਤਾ । ਘਨੇਰੇ—ਅਨੇਕਾਂ । ਸਬਾਈ—ਸਾਰੀ । ਗਾਵਹਿ—ਗਾਂਦੇ ਹਨ । ਜਿਸੁ ਵਡਿਆਈ—ਜਿਸ ਪਰਮਾਤਮਾ ਦੀ ਵਡਿਆਈ । ਅਚਰਜੁ—ਹੈਰਾਨ ਕਰਨ ਵਾਲਾ ਕੰਮ ।੨।

ਅਰਥ :—ਹੇ ਭਾਈ! (ਜਿਹੜੇ ਮਨੁੱਖ ਮਾਲਕ-ਪ੍ਰਭੂ ਦੀ ਮਿਹਰ ਨਾਲ ਉਸ ਦੇ ਗੁਣ ਗਾਂਦੇ ਹਨ ਉਹਨਾਂ ਨੂੰ) ਕਰਤਾਰ ਨੇ ਇਹ ਇਕ ਅਜਿਹੀ ਦਾਤਿ ਬਖ਼ਸ਼ੀ ਹੈ ਜੋ, ਮਾਨੋ, ਧਰਤੀ ਦੇ ਸਾਰੇ ਹੀ ਨੌ ਖ਼ਜ਼ਾਨੇ ਹੈ ਜੋ, ਮਾਨੋ, ਸਾਰੀਆਂ ਕਰਾਮਾਤੀ ਤਾਕਤਾਂ ਹੈ, ਇਸ ਦਾਤਿ ਵਿਚ ਕਦੇ ਕੋਈ ਕਮੀ ਨਹੀਂ ਹੁੰਦੀ । ਇਸ ਨਾਮ-ਦਾਤਿ ਨੂੰ ਖਾਂਦਿਆਂ ਵੰਡਦਿਆਂ ਤੇ ਮਾਣਦਿਆਂ ਉਹ ਆਤਮਕ ਆਨੰਦ ਮਾਣਦੇ ਹਨ, ਕਰਤਾਰ ਦੀ ਇਹ ਬਖ਼ਸ਼ਸ਼ (ਦਿਨੋ ਦਿਨ) ਵਧਦੀ ਰਹਿੰਦੀ ਹੈ । (ਯਕੀਨ ਜਾਣੋ, ਇਹ) ਦਾਤਿ ਵਧਦੀ ਰਹਿੰਦੀ ਹੈ, ਕਦੇ ਮੁੱਕਦੀ ਨਹੀਂ, ਇਸ ਦਾਤਿ ਦੀ ਬਰਕਤਿ ਨਾਲ ਉਹਨਾਂ ਨੂੰ ਹਰੇਕ ਦਿਲ ਦੀ ਜਾਣਨ ਵਾਲਾ ਪਰਮਾਤਮਾ ਮਿਲ ਪੈਂਦਾ ਹੈ, (ਜ਼ਿੰਦਗੀ ਦੇ ਸਫ਼ਰ ਵਿਚ ਆਉਣ ਵਾਲੀਆਂ) ਕ੍ਰੋੜਾਂ ਰੁਕਾਵਟਾਂ (ਉਹਨਾਂ ਦੇ ਰਸਤੇ ਵਿਚੋਂ) ਸਾਰੀਆਂ ਹੀ ਦੂਰ ਹੋ ਜਾਂਦੀਆਂ ਹਨ, ਕੋਈ ਦੁੱਖ ਉਹਨਾਂ

ਦੇ ਨੇੜੇ ਨਹੀਂ ਢੁਕਦਾ । (ਉਹਨਾਂ ਦੇ ਅੰਦਰੋਂ ਮਾਇਆ ਦੀ) ਸਾਰੀ ਹੀ ਭੁੱਖ ਨਾਸ ਹੋ ਜਾਂਦੀ ਹੈ, (ਉਹਨਾਂ ਦੇ ਅੰਦਰ) ਠੰਢ ਵਰਤੀ ਰਹਿੰਦੀ ਹੈ, ਆਤਮਕ ਅਡੋਲਤਾ ਦੇ ਅਨੇਕਾਂ ਆਨੰਦ ਬਣੇ ਰਹਿੰਦੇ ਹਨ ।

ਹੇ ਨਾਨਕ! ਉਹ ਮਨੁੱਖ ਉਸ ਮਾਲਕ-ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ, ਜਿਸ ਦੀ ਵਡਿਆਈ ਕਰਨਾ ਹੈਰਾਨ ਕਰ ਦੇਣ ਵਾਲਾ ਉੱਦਮ ਹੈ ।੨।

ਜਿਸ ਕਾ ਕਾਰਜੁ ਤਿਨ ਹੀ ਕੀਆ ਮਾਣਸੁ ਕਿਆ ਵੇਚਾਰਾ ਰਾਮ ॥ ਭਗਤ ਸੋਹਨਿ ਹਰਿ ਕੇ ਗੁਣ ਗਾਵਹਿ ਸਦਾ ਕਰਹਿ ਜੈਕਾਰਾ ਰਾਮ ॥ ਗੁਣ ਗਾਇ ਗੋਬਿੰਦ ਅਨਦ ਉਪਜੇ ਸਾਧ ਸੰਗਤਿ ਸੰਗਿ ਬਨੀ ॥ ਜਿਨਿ ਉਦਮੁ ਕੀਆ ਤਾਲ ਕੇਰਾ ਤਿਸ ਕੀ ਉਪਮਾ ਕਿਆ ਗਨੀ ॥ ਅਠਸਠਿ ਤੀਰਥ ਪੁੰਨ ਕਿਰਿਆ ਮਹਾ ਨਿਰਮਲ ਚਾਰਾ ॥ ਪਤਿਤ ਪਾਵਨੁ ਬਿਰਦੁ ਸੁਆਮੀ ਨਾਨਕ ਸਬਦ ਅਧਾਰਾ ॥੩॥ {ਪੰਨਾ ੭੮੪}

ਪਦ ਅਰਥ :—ਜਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ} ਜਿਸ (ਪਰਮਾਤਮਾ) ਦਾ । ਕਾਰਜੁ—ਕੰਮ, (ਜੀਵ ਨੂੰ ਆਪਣੇ ਨਾਲ ਮਿਲਾਣ ਦਾ) ਕੰਮ । ਤਿਨ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ 'ਿ' ਉੱਡ ਗਈ ਹੈ} ਉਸ (ਪਰਮਾਤਮਾ) ਨੇ ਹੀ । ਕਿਆ ਵੇਚਾਰਾ—ਕੀਹ ਹੈ ਵਿਚਾਰਾ? ਕੋਈ ਪਾਂਇਆਂ ਨਹੀਂ । ਸੋਹਨਿ—ਸੋਭਦੇ ਹਨ । ਗਾਵਹਿ—ਗਾਂਦੇ ਹਨ । ਕਰਹਿ—ਕਰਦੇ ਹਨ । ਜੈਕਾਰਾ—(ਪਰਮਾਤਮਾ ਦੀ) ਸਿਫ਼ਤਿ-ਸਾਲਾਹ । ਗਾਇ—ਗਾ ਕੇ । ਅਨਦ—ਆਨੰਦ । ਸੰਗਿ—ਨਾਲ । ਬਨੀ—ਪ੍ਰੀਤ ਬਣੀ ਰਹਿੰਦੀ ਹੈ । ਜਿਨਿ—ਜਿਸ (ਪ੍ਰਭੂ) ਨੇ । ਤਾਲ ਕੇਰਾ—(ਹਿਰਦੇ-) ਤਾਲ (ਵਿਚ 'ਅੰਮ੍ਰਿਤ ਜਲੁ' ਭਰਨ) ਦਾ । ਕੇਰਾ—ਦਾ । ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} ਉਸ (ਪਰਮਾਤਮਾ) ਦੀ । ਉਪਮਾ—ਵਡਿਆਈ । ਕਿਆ ਗਨੀ—ਕਿਆ ਗਨੀਂ, ਮੈਂ ਕੀਹ ਗਿਣ ਸਕਦਾ ਹਾਂ? ਮੈਂ ਬਿਆਨ ਨਹੀਂ ਕਰ ਸਕਦਾ । ਅਠਸਠਿ—ਅਠਾਹਠ {ਅਠ-ਸਠਿ} । ਨਿਰਮਲ—ਪਵਿੱਤਰ । ਚਾਰਾ—ਸੁੰਦਰ {ਚਾ}} । ਪਤਿਤ ਪਾਵਨੁ—ਵਿਕਾਰੀਆਂ ਨੂੰ ਪਵਿੱਤਰ ਕਰਨਾ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਸਬਦ ਅਧਾਰਾ—(ਗੁਰੂ ਦੇ) ਸ਼ਬਦ ਦਾ ਆਸਰਾ (ਦੇ ਕੇ) ।੩।

ਅਰਥ :—ਹੇ ਭਾਈ! (ਸੰਤ ਜਨਾਂ ਨੂੰ ਆਪਣੇ ਚਰਨਾਂ ਨਾਲ ਜੋੜਨਾ—ਇਹ) ਕੰਮ ਜਿਸ (ਪਰਮਾਤਮਾ) ਦਾ (ਆਪਣਾ) ਹੈ, ਉਸ ਨੇ ਹੀ (ਸਦਾ ਇਹ ਕੰਮ) ਕੀਤਾ ਹੈ, ਇਹ ਕੰਮ ਕਰਨ ਲਈ) ਮਨੁੱਖ ਦੀ ਕੋਈ ਸਮਰਥਾ ਨਹੀਂ । (ਉਸੇ ਦੀ ਮਿਹਰ ਨਾਲ ਉਸ ਦੇ) ਭਗਤ (ਉਸ) ਹਰੀ ਦੇ ਗੁਣ ਗਾਂਦੇ ਰਹਿੰਦੇ ਹਨ, ਸਦਾ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ, ਅਤੇ ਸੋਹਣੇ ਆਤਮਕ ਜੀਵਨ ਵਾਲੇ ਬਣਦੇ ਜਾਂਦੇ ਹਨ । ਪਰਮਾਤਮਾ ਦੇ ਗੁਣ ਗਾ ਗਾ ਕੇ (ਉਹਨਾਂ ਦੇ ਅੰਦਰ ਆਤਮਕ) ਆਨੰਦ (ਦੇ ਹੁਲਾਰੇ) ਪੈਦਾ ਹੁੰਦੇ ਰਹਿੰਦੇ ਹਨ, ਸਾਧ ਸੰਗਤਿ ਵਿਚ (ਟਿਕ ਕੇ ਪਰਮਾਤਮਾ) ਨਾਲ (ਉਹਨਾਂ ਦੀ ਪ੍ਰੀਤ) ਬਣੀ ਰਹਿੰਦੀ ਹੈ । ਹੇ ਭਾਈ! ਜਿਸ (ਪਰਮਾਤਮਾ) ਨੇ (ਸੰਤ ਜਨਾਂ ਦੇ ਹਿਰਦੇ-) ਤਾਲ (ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਭਰਨ) ਦਾ ਉੱਦਮ (ਸਦਾ) ਕੀਤਾ ਹੈ, ਮੈਂ ਉਸ ਦੀ ਕੋਈ ਵਡਿਆਈ ਬਿਆਨ ਕਰਨ ਜੋਗਾ ਨਹੀਂ ਹਾਂ ।

ਹੇ ਭਾਈ! ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਮ ਭਰਪੂਰ ਇਸ ਸੰਤ-ਹਿਰਦੇ ਵਿਚ ਹੀ) ਅਠਾਹਠ ਤੀਰਥ ਆ ਜਾਂਦੇ ਹਨ, ਵੱਡੇ ਵੱਡੇ ਪਵਿੱਤਰ ਤੇ ਸੁੰਦਰ ਪੁੰਨ-ਕਰਮ ਆ ਜਾਂਦੇ ਹਨ । ਹੇ ਨਾਨਕ! ਗੁਰੂ ਦੇ ਸ਼ਬਦ ਦਾ ਆਸਰਾ (ਦੇ ਕੇ) ਵੱਡੇ ਵੱਡੇ ਵਿਕਾਰੀਆਂ ਨੂੰ ਪਵਿੱਤਰ ਕਰ ਦੇਣਾ—ਮਾਲਕ-ਪ੍ਰਭੂ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਤੁਰਿਆ ਆ ਰਿਹਾ ਹੈ ।੩।

ਗੁਣ ਨਿਧਾਨ ਮੇਰਾ ਪ੍ਰਭੁ ਕਰਤਾ ਉਸਤਤਿ ਕਉਨੁ ਕਰੀਜੈ ਰਾਮ ॥ ਸੰਤਾ ਕੀ ਬੇਨੰਤੀ ਸੁਆਮੀ ਨਾਮੁ ਮਹਾ ਰਸੁ ਦੀਜੈ ਰਾਮ ॥ ਨਾਮੁ ਦੀਜੈ ਦਾਨੁ ਕੀਜੈ ਬਿਸਰੁ ਨਾਹੀ ਇਕ ਖਿਨੋ ॥ ਗੁਣ ਗੋਪਾਲ ਉਚਰੁ ਰਸਨਾ ਸਦਾ ਗਾਈਐ ਅਨਦਿਨੋ ॥ ਜਿਸੁ ਪ੍ਰੀਤਿ ਲਾਗੀ ਨਾਮ ਸੇਤੀ ਮਨੁ ਤਨੁ ਅੰਮ੍ਰਿਤ ਭੀਜੈ ॥ ਬਿਨਵੰਤਿ ਨਾਨਕ ਇਛ ਪੁੰਨੀ ਪੇਖਿ ਦਰਸਨੁ ਜੀਜੈ ॥੪॥੭॥੧੦॥ {ਪੰਨਾ ੭੮੪}

ਪਦ ਅਰਥ :—ਗੁਣ ਨਿਧਾਨ—ਸਾਰੇ ਗੁਣਾਂ ਦਾ ਖ਼ਜ਼ਾਨਾ । ਕਰਤਾ—ਕਰਤਾਰ । ਉਸਤਤਿ—ਵਡਿਆਈ । ਕਉਨੁ—ਕਿਹੜਾ (ਮਨੁੱਖ)? ਕਰੀਜੈ—ਕੀਤੀ ਜਾ ਸਕਦੀ ਹੈ । ਸੁਆਮੀ—ਹੇ ਸੁਆਮੀ! ਮਹਾ ਰਸੁ ਨਾਮੁ—ਬੇਅੰਤ ਸੁਆਦਲਾ ਹਰਿ-ਨਾਮ । ਦੀਜੈ—ਦਿਹ । ਦਾਨੁ—ਬਖ਼ਸ਼ਸ਼ । ਕੀਜੈ—ਕਰ । ਖਿਨੋ—ਖਿਨ ਭਰ ਭੀ । ਉਚਰੁ—ਉਚਾਰਿਆ ਕਰ । ਰਸਨਾ—ਜੀਭ (ਨਾਲ) । ਗਾਈਐ—ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਅਨਦਿਨੋ—{ਅਨੁਦਿਨਜ਼} ਹਰ ਰੋਜ਼, ਹਰ ਵੇਲੇ । ਸੇਤੀ—ਨਾਲ । ਅੰਮ੍ਰਿਤ ਭੀਜੈ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜ ਜਾਂਦਾ ਹੈ । ਪੁੰਨੀ—ਪੂਰੀ ਹੋ ਜਾਂਦੀ ਹੈ । ਪੇਖਿ—ਵੇਖ ਕੇ । ਜੀਜੈ—ਆਤਮਕ ਜੀਵਨ ਮਿਲ ਜਾਂਦਾ ਹੈ ।੪।

ਅਰਥ :—ਹੇ ਭਾਈ! ਮੇਰਾ ਕਰਤਾਰ ਮੇਰਾ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ । ਕੋਈ ਭੀ ਅਜਿਹਾ ਮਨੁੱਖ ਨਹੀਂ, ਜਿਸ ਪਾਸੋਂ (ਉਸ ਦੀ ਪੂਰੀ) ਵਡਿਆਈ ਕੀਤੀ ਜਾ ਸਕੇ । (ਉਸ ਦੇ) ਸੰਤ-ਜਨਾਂ ਦੀ (ਉਸ ਦੇ ਦਰ ਤੇ ਸਦਾ ਇਹ) ਅਰਦਾਸ ਹੁੰਦੀ ਹੈ—ਹੇ ਮਾਲਕ ਪ੍ਰਭੂ! ਬੇਅੰਤ ਸੁਆਦਲਾ ਆਪਣਾ ਨਾਮ ਬਖ਼ਸ਼ੀ ਰੱਖ; ਇਹ ਮਿਹਰ ਕਰ ਕਿ ਆਪਣਾ ਨਾਮ ਬਖ਼ਸ਼ੀ ਰੱਖ, ਇਕ ਖਿਨ ਭਰ ਭੀ (ਸਾਡੇ ਹਿਰਦੇ ਵਿਚੋਂ) ਨਾਹ ਭੁੱਲ ।

ਹੇ ਭਾਈ! (ਆਪਣੀ) ਜੀਭ ਨਾਲ ਗੋਪਾਲ ਦੇ ਗੁਣ ਉਚਾਰਦਾ ਰਿਹਾ ਕਰ । ਹਰ ਵੇਲੇ ਉਸ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ । ਪਰਮਾਤਮਾ ਦੇ ਨਾਮ ਨਾਲ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ, ਉਸ ਦਾ ਮਨ ਉਸ ਦਾ ਤਨ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ (ਸਦਾ) ਤਰ ਰਹਿੰਦਾ ਹੈ । ਨਾਨਕ ਬੇਨਤੀ ਕਰਦਾ ਹੈ—ਹੇ ਭਾਈ! (ਪਰਮਾਤਮਾ ਦਾ) ਦਰਸਨ ਕਰ ਕੇ ਆਤਮਕ ਜੀਵਨ ਮਿਲ ਜਾਂਦਾ ਹੈ, ਹਰੇਕ ਇੱਛਾ ਪੂਰੀ ਹੋ ਜਾਂਦੀ ਹੈ ।੪।੭।੧੦।

ਰਾਗੁ ਸੂਹੀ ਮਹਲਾ ੫ ਛੰਤ

ੴ ਸਤਿਗੁਰ ਪ੍ਰਸਾਦਿ ॥ ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ ॥ ਹਉ ਸੰਮਲਿ ਥਕੀ ਜੀ ਓਹੁ ਕਦੇ ਨ ਬੋਲੈ ਕਉਰਾ ॥ ਕਉੜਾ ਬੋਲਿ ਨ ਜਾਨੈ ਪੂਰਨ ਭਗਵਾਨੈ ਅਉਗਣੁ ਕੋ ਨ ਚਿਤਾਰੇ ॥ ਪਤਿਤ ਪਾਵਨੁ ਹਰਿ ਬਿਰਦੁ ਸਦਾਏ ਇਕੁ ਤਿਲੁ ਨਹੀ ਭੰਨੈ ਘਾਲੇ ॥ ਘਟ ਘਟ ਵਾਸੀ ਸਰਬ ਨਿਵਾਸੀ ਨੇਰੈ ਹੀ ਤੇ ਨੇਰਾ ॥ ਨਾਨਕ ਦਾਸੁ ਸਦਾ ਸਰਣਾਗਤਿ ਹਰਿ ਅੰਮ੍ਰਿਤ ਸਜਣੁ ਮੇਰਾ ॥੧॥ {ਪੰਨਾ ੭੮੪}

ਪਦ ਅਰਥ :—ਮਿਠ ਬੋਲੜਾ—ਮਿੱਠੇ ਬੋਲ ਬੋਲਣ ਵਾਲਾ । ਮੋਰਾ—ਮੇਰਾ । ਹਉ—ਹਉਂ, ਮੈਂ । ਸੰਮਲਿ—ਚੇਤਾ ਕਰ ਕਰ ਕੇ । ਕਉਰਾ—ਕੌੜਾ (ਬੋਲ) । ਬੋਲਿ ਨ ਜਾਨੈ—ਬੋਲਣਾ ਜਾਣਦਾ ਹੀ ਨਹੀਂ । ਅਉਗਣੁ ਕੋ—ਕੋਈ ਭੀ ਔਗੁਣ । ਚਿਤਾਰੇ—ਚੇਤੇ ਰੱਖਦਾ । ਪਤਿਤ ਪਾਵਨੁ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਸਦਾਏ—ਅਖਵਾਂਦਾ ਹੈ । ਤਿਲੁ—ਰਤਾ ਭਰ ਭੀ । ਭੰਨੈ—ਭੰਨਦਾ, ਵਿਅਰਥ ਜਾਣ ਦੇਂਦਾ । ਘਾਲੇ—ਕੀਤੀ ਘਾਲ ਨੂੰ, ਕਿਸੇ ਦੀ ਕੀਤੀ ਮਿਹਨਤ ਨੂੰ । ਘਟ—ਸਰੀਰ । ਨੇਰੈ ਹੀ ਤੇ ਨੇਰਾ—ਨੇੜੇ ਤੋਂ ਨੇੜੇ, ਬਹੁਤ ਹੀ ਨੇੜੇ । ਸਰਣਾਗਤਿ—ਸਰਨ ਵਿਚ ਆਇਆ ਰਹਿੰਦਾ ਹੈ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ।੧।

ਅਰਥ :—ਹੇ ਭਾਈ! ਮੇਰਾ ਮਾਲਕ-ਪ੍ਰਭੂ ਮਿੱਠੇ ਬੋਲ ਬੋਲਣ ਵਾਲਾ ਪਿਆਰਾ ਮਿੱਤਰ ਹੈ । ਮੈਂ ਚੇਤੇ ਕਰ ਕਰ ਕੇ ਥੱਕ ਗਈ ਹਾਂ (ਕਿ ਉਸ ਦਾ ਕਦੇ ਕੌੜਾ ਬੋਲ ਬੋਲਿਆ ਯਾਦ ਆ ਜਾਏ, ਪਰ) ਉਹ ਕਦੇ ਭੀ ਕੌੜਾ ਬੋਲ ਨਹੀਂ ਬੋਲਦਾ ।

ਹੇ ਭਾਈ! ਉਹ ਸਾਰੇ ਗੁਣਾਂ ਨਾਲ ਭਰਪੂਰ ਭਗਵਾਨ ਕੌੜਾ (ਖਰਵਾ) ਬੋਲਣਾ ਜਾਣਦਾ ਹੀ ਨਹੀਂ, (ਕਿਉਂਕਿ ਉਹ ਸਾਡਾ) ਕੋਈ ਭੀ ਔਗੁਣ ਚੇਤੇ ਹੀ ਨਹੀਂ ਰੱਖਦਾ । ਉਹ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ—ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਦੱਸਿਆ ਜਾਂਦਾ ਹੈ, (ਅਤੇ ਉਹ ਕਿਸੇ ਦੀ ਭੀ) ਕੀਤੀ ਘਾਲ-ਕਮਾਈ ਨੂੰ ਰਤਾ ਭਰ ਭੀ ਵਿਅਰਥ ਨਹੀਂ ਜਾਣ ਦੇਂਦਾ ।

ਹੇ ਭਾਈ! ਮੇਰਾ ਸੱਜਣ ਹਰੇਕ ਸਰੀਰ ਵਿਚ ਵੱਸਦਾ ਹੈ, ਸਭ ਜੀਵਾਂ ਵਿਚ ਵੱਸਦਾ ਹੈ, ਹਰੇਕ ਜੀਵ ਦੇ ਅੱਤ ਨੇੜੇ ਵੱਸਦਾ ਹੈ । ਦਾਸ ਨਾਨਕ ਸਦਾ ਉਸ ਦੀ ਸਰਨ ਪਿਆ ਰਹਿੰਦਾ ਹੈ । ਹੇ ਭਾਈ! ਮੇਰਾ ਸੱਜਣ ਪ੍ਰਭੂ ਆਤਮਕ ਜੀਵਨ ਦੇਣ ਵਾਲਾ ਹੈ ।੧।

ਹਉ ਬਿਸਮੁ ਭਈ ਜੀ ਹਰਿ ਦਰਸਨੁ ਦੇਖਿ ਅਪਾਰਾ ॥ ਮੇਰਾ ਸੁੰਦਰੁ ਸੁਆਮੀ ਜੀ ਹਉ ਚਰਨ ਕਮਲ ਪਗ ਛਾਰਾ ॥ ਪ੍ਰਭ ਪੇਖਤ ਜੀਵਾ ਠੰਢੀ ਥੀਵਾ ਤਿਸੁ ਜੇਵਡੁ ਅਵਰੁ ਨ ਕੋਈ ॥ ਆਦਿ ਅੰਤਿ ਮਧਿ ਪ੍ਰਭੁ ਰਵਿਆ ਜਲਿ ਥਲਿ ਮਹੀਅਲਿ ਸੋਈ ॥ ਚਰਨ ਕਮਲ ਜਪਿ ਸਾਗਰੁ ਤਰਿਆ ਭਵਜਲ ਉਤਰੇ ਪਾਰਾ ॥ ਨਾਨਕ ਸਰਣਿ ਪੂਰਨ ਪਰਮੇਸੁਰ ਤੇਰਾ ਅੰਤੁ ਨ ਪਾਰਾਵਾਰਾ ॥੨॥ {ਪੰਨਾ ੭੮੪}

ਪਦ ਅਰਥ :—ਹਉ—ਹਉਂ, ਮੈਂ । ਬਿਸਮੁ—ਹੈਰਾਨ । ਜੀ—ਹੇ ਜੀਉ! ਦੇਖਿ—ਦੇਖ ਕੇ । ਅਪਾਰਾ ਦਰਸਨੁ—ਬੇਅੰਤ ਦਾ ਦਰਸਨ । ਚਰਨ ਕਮਲ ਪਗ ਛਾਰਾ—ਕੌਲ ਫੁੱਲ ਵਰਗੇ ਸੋਹਣੇ ਚਰਨਾਂ ਦੀ ਧੂੜ । ਪਗ—ਪੈਰ, ਚਰਨ ।

ਪੇਖਤ—ਵੇਖਦਿਆਂ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰ ਲੈਂਦੀ ਹਾਂ । ਠੰਢੀ—ਸ਼ਾਂਤ-ਚਿੱਤ । ਥੀਵਾ—ਥੀਵਾਂ ਮੈਂ ਹੋ ਜਾਂਦੀ ਹਾਂ । ਤਿਸੁ ਜੇਵਡੁ—ਉਸ ਜੇਡਾ ਵੱਡਾ, ਉਸ ਦੇ ਬਰਾਬਰ ਦਾ । ਆਦਿ—ਜਗਤ ਦੇ ਸ਼ੁਰੂ ਵਿਚ । ਅੰਤਿ—ਜਗਤ ਦੇ ਅਖ਼ੀਰ ਵਿਚ । ਮਧਿ—ਹੁਣ ਜਗਤ ਦੀ ਹੋਂਦ ਦੇ ਵਿਚਕਾਰ । ਜਲਿ—ਪਾਣੀ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ਸੋਈ—ਉਹੀ ਪ੍ਰਭੂ । ਜਪਿ—ਜਪ ਕੇ । ਸਾਗਰੁ—ਸੰਸਾਰ-ਸਮੁੰਦਰ । ਭਵਜਲ—ਸੰਸਾਰ-ਸਮੁੰਦਰ ਤੋਂ । ਪਰਮੇਸੁਰ—ਹੇ ਪਰਮੇਸਰ! ਪਾਰਾਵਾਰਾ—ਪਾਰ-ਅਵਾਰ, ਪਾਰਲਾ ਉਰਲਾ ਬੰਨਾ ।੨।

ਅਰਥ :—ਹੇ ਭਾਈ! ਉਸ ਬੇਅੰਤ ਹਰੀ ਦਾ ਦਰਸਨ ਕਰ ਕੇ ਮੈਂ ਹੈਰਾਨ ਪਈ ਹੁੰਦੀ ਹਾਂ । ਹੇ ਭਾਈ! ਉਹ ਮੇਰਾ ਸੋਹਣਾ ਮਾਲਕ ਹੈ, ਮੈਂ ਉਸ ਦੇ ਸੋਹਣੇ ਚਰਨਾਂ ਦੀ ਧੂੜ ਹਾਂ ।

ਹੇ ਭਾਈ! ਪ੍ਰਭੂ ਦਾ ਦਰਸਨ ਕਰਦਿਆਂ ਮੇਰੇ ਅੰਦਰ ਜਿੰਦ ਪੈ ਜਾਂਦੀ ਹੈ, ਮੈਂ ਸ਼ਾਂਤ-ਚਿੱਤ ਹੋ ਜਾਂਦੀ ਹਾਂ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ । ਜਗਤ ਦੇ ਸ਼ੁਰੂ ਵਿਚ ਉਹੀ ਸੀ, ਜਗਤ ਦੇ ਅਖ਼ੀਰ ਵਿਚ ਉਹੀ ਹੋਵੇਗਾ, ਹੁਣ ਇਸ ਵੇਲੇ ਭੀ ਉਹੀ ਹੈ । ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਉਹੀ ਵੱਸਦਾ ਹੈ ।

ਹੇ ਭਾਈ! ਉਸ ਦੇ ਸੋਹਣੇ ਚਰਨਾਂ ਦਾ ਧਿਆਨ ਧਰ ਕੇ ਸੰਸਾਰ-ਸਮੁੰਦਰ ਤਰਿਆ ਜਾ ਸਕਦਾ ਹੈ, ਅਨੇਕਾਂ ਹੀ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ । ਹੇ ਨਾਨਕ! (ਆਖ—) ਹੇ ਪੂਰਨ ਪਰਮੇਸਰ! ਮੈਂ ਤੇਰੀ ਸਰਨ ਆਇਆ ਹਾਂ, ਤੇਰੀ ਹਸਤੀ ਦਾ ਅੰਤ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ਹੈ ।੨।

ਹਉ ਨਿਮਖ ਨ ਛੋਡਾ ਜੀ ਹਰਿ ਪ੍ਰੀਤਮ ਪ੍ਰਾਨ ਅਧਾਰੋ ॥ ਗੁਰਿ ਸਤਿਗੁਰ ਕਹਿਆ ਜੀ ਸਾਚਾ ਅਗਮ ਬੀਚਾਰੋ ॥ ਮਿਲਿ ਸਾਧੂ ਦੀਨਾ ਤਾ ਨਾਮੁ ਲੀਨਾ ਜਨਮ ਮਰਣ ਦੁਖ ਨਾਠੇ ॥ ਸਹਜ ਸੂਖ ਆਨੰਦ ਘਨੇਰੇ ਹਉਮੈ ਬਿਨਠੀ ਗਾਠੇ ॥ ਸਭ ਕੈ ਮਧਿ ਸਭ ਹੂ ਤੇ ਬਾਹਰਿ ਰਾਗ ਦੋਖ ਤੇ ਨਿਆਰੋ ॥ ਨਾਨਕ ਦਾਸ ਗੋਬਿੰਦ ਸਰਣਾਈ ਹਰਿ ਪ੍ਰੀਤਮੁ ਮਨਹਿ ਸਧਾਰੋ ॥੩॥ {ਪੰਨਾ ੭੮੪-੭੮੫}

ਪਦ ਅਰਥ :—ਹਉ—ਹਉਂ, ਮੈਂ । ਨਿਮਖ—{ਨਿਮੇ—} ਅੱਖ ਝਮਕਣ ਜਿਤਨਾ ਸਮਾ । ਛੋਡਾ—ਛੋਡਾਂ, ਮੈਂ ਛੱਡਦਾ । ਪ੍ਰਾਨ ਅਧਾਰੋ—ਪ੍ਰਾਨਾਂ ਦਾ ਆਸਰਾ, ਜਿੰਦ ਦਾ ਆਸਰਾ । ਗੁਰਿ ਸਤਿਗੁਰ—ਸਤਿਗੁਰ ਗੁਰੂ ਨੇ । ਜੀ—ਹੇ ਭਾਈ! ਸਾਚਾ—ਸਦਾ ਕਾਇਮ ਰਹਿਣ ਵਾਲਾ, ਅਟੱਲ । ਅਗਮ ਬੀਚਾਰੋ—ਅਪਹੁੰਚ ਪਰਮਾਤਮਾ ਬਾਰੇ ਵਿਚਾਰ ਦੀ ਗੱਲ ।

ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਦੀਨਾ—(ਗੁਰੂ ਨੇ ਨਾਮ ਦੀ ਦਾਤਿ) ਦਿੱਤੀ । ਤਾ—ਤਦੋਂ । ਲੀਨਾ—ਜਪਿਆ ਜਾ ਸਕਦਾ ਹੈ । ਨਾਠੇ—ਨੱਸ ਜਾਂਦੇ ਹਨ । ਸਹਜ ਸੁਖ—ਆਤਮਕ ਅਡੋਲਤਾ ਦੇ ਸੁਖ । ਬਿਨਠੀ—ਨਾਸ ਹੋ ਜਾਂਦੀ ਹੈ । ਗਾਠੇ—ਗੰਢ ।

ਕੈ ਮਧਿ—ਦੇ ਵਿਚ । ਤੇ—ਤੋਂ । ਰਾਗ—ਮੋਹ । ਨਿਆਰੋ—ਵੱਖਰਾ, ਨਿਰਲੇਪ । ਦੋਖ—ਈਰਖਾ । ਮਨਹਿ ਸਧਾਰੋ—ਮਨ ਨੂੰ ਆਸਰਾ ਦੇਣ ਵਾਲਾ ।੩।

ਅਰਥ :—ਹੇ ਭਾਈ! ਪ੍ਰੀਤਮ ਹਰੀ (ਅਸਾਂ ਜੀਵਾਂ ਦੀ) ਜਿੰਦ ਦਾ ਆਸਰਾ ਹੈ, ਮੈਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਉਸ ਦੀ ਯਾਦ ਨਹੀਂ ਛੱਡਾਂਗਾ—ਗੁਰੂ ਨੇ (ਮੈਨੂੰ) ਅਪਹੁੰਚ ਪਰਮਾਤਮਾ (ਨਾਲ ਮਿਲਾਪ) ਬਾਰੇ ਇਹ ਅਟੱਲ ਵਿਚਾਰ ਦੀ ਗੱਲ ਦੱਸੀ ਹੈ ।

ਹੇ ਭਾਈ! ਗੁਰੂ ਨੂੰ ਮਿਲ ਕੇ (ਜਦੋਂ ਗੁਰੂ ਦੀ ਰਾਹੀਂ ਨਾਮ ਦਾਤਿ) ਮਿਲਦੀ ਹੈ, ਤਦੋਂ ਹੀ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ, (ਜਿਹੜਾ ਮਨੁੱਖ ਨਾਮ ਜਪਦਾ ਹੈ, ਉਸ ਦੇ) ਜਨਮ ਤੋਂ ਮਰਨ ਤਕ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ, (ਉਸ ਦੇ ਅੰਦਰ) ਆਤਮਕ ਅਡੋਲਤਾ ਦੇ ਅਨੇਕਾਂ ਸੁਖ ਆਨੰਦ ਪੈਦਾ ਹੋ ਜਾਂਦੇ ਹਨ, (ਉਸ ਦੇ ਅੰਦਰੋਂ) ਹਉਮੈ ਦੀ ਗੰਢ ਨਾਸ ਹੋ ਜਾਂਦੀ ਹੈ ।

ਹੇ ਨਾਨਕ! ਪਰਮਾਤਮਾ ਸਭ ਜੀਵਾਂ ਦੇ ਅੰਦਰ ਹੈ, ਸਭ ਤੋਂ ਵੱਖਰਾ ਭੀ ਹੈ, (ਸਭ ਦੇ ਅੰਦਰ ਹੁੰਦਾ ਹੋਇਆ ਭੀ ਉਹ) ਮੋਹ ਅਤੇ ਈਰਖਾ (ਆਦਿਕ) ਤੋਂ ਨਿਰਲੇਪ ਰਹਿੰਦਾ ਹੈ । ਉਸ ਦੇ ਸੇਵਕ ਸਦਾ ਉਸ ਦੀ ਸਰਨ ਪਏ ਰਹਿੰਦੇ ਹਨ, ਉਹ ਪ੍ਰੀਤਮ ਹਰੀ ਸਭ ਜੀਵਾਂ ਦੇ ਮਨ ਦਾ ਆਸਰਾ (ਬਣਿਆ ਰਹਿੰਦਾ ਹੈ) ।੩।

ਮੈ ਖੋਜਤ ਖੋਜਤ ਜੀ ਹਰਿ ਨਿਹਚਲੁ ਸੁ ਘਰੁ ਪਾਇਆ ॥ ਸਭਿ ਅਧ੍ਰੁਵ ਡਿਠੇ ਜੀਉ ਤਾ ਚਰਨ ਕਮਲ ਚਿਤੁ ਲਾਇਆ ॥ ਪ੍ਰਭੁ ਅਬਿਨਾਸੀ ਹਉ ਤਿਸ ਕੀ ਦਾਸੀ ਮਰੈ ਨ ਆਵੈ ਜਾਏ ॥ ਧਰਮ ਅਰਥ ਕਾਮ ਸਭਿ ਪੂਰਨ ਮਨਿ ਚਿੰਦੀ ਇਛ ਪੁਜਾਏ ॥ ਸ੍ਰੁਤਿ ਸਿਮ੍ਰਿਤਿ ਗੁਨ ਗਾਵਹਿ ਕਰਤੇ ਸਿਧ ਸਾਧਿਕ ਮੁਨਿ ਜਨ ਧਿਆਇਆ ॥ ਨਾਨਕ ਸਰਨਿ ਕ੍ਰਿਪਾਨਿਧਿ ਸੁਆਮੀ ਵਡਭਾਗੀ ਹਰਿ ਹਰਿ ਗਾਇਆ ॥੪॥੧॥੧੧॥ {ਪੰਨਾ ੭੮੫}

ਪਦ ਅਰਥ :—ਖੋਜਤ ਖੋਜਤ—ਭਾਲ ਕਰਦਿਆਂ ਕਰਦਿਆਂ । ਜੀ—ਹੇ ਭਾਈ! ਸੁ ਘਰੁ—ਉਹ ਘਰੁ, ਉਹ ਟਿਕਾਣਾ । ਨਿਹਚਲੁ—ਕਦੇ ਨਾਸ ਨਾ ਹੋਣ ਵਾਲਾ । ਸਭਿ—ਸਾਰੇ । ਅਧ੍ਰੁਵ—{ਅ-ਧ੍ਰੁਵ} ਸਦਾ ਨਾਹ ਟਿਕੇ ਰਹਿਣ ਵਾਲੇ, ਨਾਸਵੰਤ । ਜੀਉ—ਹੇ ਭਾਈ! ਚਰਨ ਕਮਲ—ਸੋਹਣੇ ਚਰਨਾਂ ਵਿਚ । ਹਉ—ਹਉਂ, ਮੈਂ । ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ} । ਨ ਆਵੈ ਜਾਏ—ਨਾਹ ਜੰਮਦਾ ਹੈ ਨਾਹ ਮਰਦਾ ਹੈ । ਸਭਿ—ਸਾਰੇ (ਪਦਾਰਥ) । ਪੂਰਨ—ਭਰਪੂਰ, ਮੌਜੂਦ । ਮਨਿ—ਮਨ ਵਿਚ । ਚਿੰਦੀ ਇਛ—ਚਿਤਵੀ ਹੋਈ ਮੁਰਾਦ । ਪੁਜਾਏ—ਪੂਰੀ ਕਰਦਾ ਹੈ ।

ਸ੍ਰੁਤਿ—ਵੇਦ । ਗਾਵਹਿ—ਗਾਂਦੇ ਹਨ । ਕਰਤੇ—ਕਰਤਾਰ ਦੇ । ਸਿਧ—ਸਿੱਧ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਸਾਧਨਾ ਕਰਨ ਵਾਲੇ । ਮੁਨਿ ਜਨ—ਸਾਰੇ ਮੁਨੀ ਲੋਕ । ਕ੍ਰਿਪਾਨਿਧਿ—ਦਇਆ ਦਾ ਖ਼ਜ਼ਾਨਾ ।੪।

ਅਰਥ :—ਹੇ ਭਾਈ! ਭਾਲ ਕਰਦਿਆਂ ਕਰਦਿਆਂ ਮੈਂ ਹਰੀ ਪ੍ਰਭੂ ਦਾ ਉਹ ਟਿਕਾਣਾ ਲੱਭ ਲਿਆ ਹੈ ਜੋ ਕਦੇ ਭੀ ਡੋਲਦਾ ਨਹੀਂ । ਜਦੋਂ ਮੈਂ ਵੇਖਿਆ ਕਿ (ਜਗਤ ਦੇ) ਸਾਰੇ (ਪਦਾਰਥ) ਨਾਸਵੰਤ ਹਨ, ਤਦੋਂ ਮੈਂ ਪ੍ਰਭੂ ਦੇ ਸੋਹਣੇ ਚਰਨਾਂ ਵਿਚ (ਆਪਣਾ) ਮਨ ਜੋੜ ਲਿਆ ।

ਹੇ ਭਾਈ! ਪਰਮਾਤਮਾ ਕਦੇ ਨਾਸ ਹੋਣ ਵਾਲਾ ਨਹੀਂ, ਮੈਂ (ਤਾਂ) ਉਸ ਦੀ ਦਾਸੀ ਬਣ ਗਈ ਹਾਂ, ਉਹ ਕਦੇ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ । (ਦੁਨੀਆ ਦੇ ਵੱਡੇ ਵੱਡੇ ਪ੍ਰਸਿੱਧ ਪਦਾਰਥ) ਧਰਮ ਅਰਥ ਕਾਮ (ਆਦਿਕ) ਸਾਰੇ ਹੀ (ਉਸ ਪ੍ਰਭੂ ਵਿਚ) ਮੌਜੂਦ ਹਨ, ਉਹ ਪ੍ਰਭੂ (ਜੀਵ ਦੇ) ਮਨ ਵਿਚ ਚਿਤਵੀ ਹੋਈ ਹਰੇਕ ਕਾਮਨਾ ਪੂਰੀ ਕਰ ਦੇਂਦਾ ਹੈ ।

ਹੇ ਭਾਈ! (ਫੇਰ ਪੁਰਾਤਨ ਸਮਿਆਂ ਤੋਂ ਹੀ ਪੁਰਾਣੇ ਧਰਮ-ਪੁਸਤਕ) ਸਿਮ੍ਰਿਤੀਆਂ ਵੇਦ (ਆਦਿਕ) ਉਸ ਕਰਤਾਰ ਦੇ ਗੁਣ ਗਾਂਦੇ ਆ ਰਹੇ ਹਨ । ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਜੋਗ-ਸਾਧਨ ਕਰਨ ਵਾਲੇ ਜੋਗੀ, ਸਾਰੇ ਰਿਸ਼ੀ ਮੁਨੀ (ਉਸੇ ਦਾ ਨਾਮ) ਸਿਮਰਦੇ ਆ ਰਹੇ ਹਨ । ਹੇ ਨਾਨਕ! ਉਹ ਮਾਲਕ-ਪ੍ਰਭੂ ਕਿਰਪਾ ਦਾ ਖ਼ਜ਼ਾਨਾ ਹੈ, ਮਨੁੱਖ ਵੱਡੇ ਭਾਗਾਂ ਨਾਲ ਉਸ ਦੀ ਸਰਨ ਪੈਂਦਾ ਹੈ, ਤੇ, ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ।੪।੧।੧੧।

ੴ ਸਤਿਗੁਰ ਪ੍ਰਸਾਦਿ ॥
ਵਾਰ ਸੂਹੀ ਕੀ ਸਲੋਕਾ ਨਾਲਿ ॥ ਮਹਲਾ ੩ ॥ {ਪੰਨਾ ੭੮੫}

ਪਉੜੀ ਵਾਰ ਭਾਵ—

(੧) ਜਗਤ-ਰੂਪ ਤਖ਼ਤ ਪ੍ਰਭੂ ਨੇ ਆਪ ਬਣਾਇਆ ਹੈ, ਧਰਤੀ ਜੀਵਾਂ ਦੇ ਧਰਮ ਕਮਾਣ ਲਈ ਰਚੀ ਹੈ; ਸਭ ਜੀਵਾਂ ਨੂੰ ਰਿਜ਼ਕ ਆਪ ਹੀ ਅਪੜਾਂਦਾ ਹੈ ।

(੨) ਆਪਣੇ ਹੁਕਮ ਵਿਚ ਉਸ ਨੇ ਰੰਗਾ ਰੰਗ ਦੀ ਸ੍ਰਿਸ਼ਟੀ ਰਚੀ ਹੈ; ਕਈ ਜੀਵਾਂ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਨਾਲ ਜੋੜੀ ਰੱਖਦਾ ਹੈ, ਉਹਨਾਂ ਨੂੰ ਸੱਚੇ ਵਪਾਰੀ ਜਾਣੋ ।

(੩) ਸਾਰੇ ਜੀਵ ਪ੍ਰਭੂ ਨੇ ਆਪ ਪੈਦਾ ਕੀਤੇ ਹਨ; ਮਾਇਆ ਦਾ ਮੋਹ-ਰੂਪ ਹਨੇਰਾ ਭੀ ਉਸੇ ਨੇ ਬਣਾਇਆ ਹੈ ਤੇ ਇਸ ਵਿੱਚ ਆਪ ਹੀ ਜੀਵਾਂ ਨੂੰ ਭਟਕਾ ਰਿਹਾ ਹੈ । ਇਸ ਭਟਕਣਾ ਵਿਚ ਪਏ ਮਨਮੁਖ ਸਦਾ ਜੰਮਣ ਮਰਨ ਦੇ ਗੇੜ ਵਿਚ ਰਹਿੰਦੇ ਹਨ ।

(੪) ਜਗਤ ਦੀ ਅਚਰਜ ਰਚਨਾ ਪ੍ਰਭੂ ਨੇ ਆਪ ਰਚੀ ਹੈ; ਇਸ ਵਿਚ ਮੋਹ, ਝੂਠ ਤੇ ਅਹੰਕਾਰ ਭੀ ਉਸ ਨੇ ਆਪ ਹੀ ਪੈਦਾ ਕੀਤਾ, ਮਨਮੁਖ ਇਸ ਮੋਹ ਵਿਚ ਫਸ ਜਾਂਦਾ ਹੈ; ਪਰ ਕਈ ਜੀਵਾਂ ਨੂੰ ਗੁਰੂ ਦੀ ਸਰਨ ਪਾ ਕੇ 'ਨਾਮ' ਦਾ ਖ਼ਜ਼ਾਨਾ ਬਖ਼ਸ਼ਦਾ ਹੈ ।

(੫) ਮਨਮੁਖ ਮੋਹ ਵਿਚ ਫਸਣ ਕਰਕੇ "ਮੈਂ, ਮੇਰੀ" ਵਿਚ ਖ਼ੁਆਰ ਹੁੰਦਾ ਹੈ; ਮੌਤ ਨੂੰ ਵਿਸਾਰ ਕੇ ਮਨੁੱਖਾ ਜਨਮ ਨੂੰ ਵਿਕਾਰਾਂ ਵਿਚ ਅਜਾਈਂ ਗਵਾ ਲੈਂਦਾ ਹੈ ਤੇ ਏਸ ਗੇੜ ਵਿਚ ਪਿਆ ਰਹਿੰਦਾ ਹੈ ।

(੬) ਜੀਵਾਂ ਲਈ ਪ੍ਰਭੂ ਦੀ ਸਭ ਤੋਂ ਉਚੀ ਬਖ਼ਸ਼ਸ਼ ਉਸ ਦਾ 'ਨਾਮ' ਹੈ; ਜਿਸ ਨੂੰ ਗੁਰੂ ਦੀ ਰਾਹੀਂ ਇਹ ਖ਼ਜ਼ਾਨਾ ਮਿਲਦਾ ਹੈ ਉਸ ਨੂੰ ਫਿਰ ਤੋਟ ਨਹੀਂ ਆਉਂਦੀ ਤੇ ਉਸ ਦਾ ਮੋਹ ਦਾ ਗੇੜ ਮੁੱਕ ਜਾਂਦਾ ਹੈ ।

(੭) ਜਿਨ੍ਹਾਂ ਨੂੰ ਸਤਿਗੁਰੂ ਨੇ ਸ੍ਰਿਸ਼ਟੀ ਦੇ ਪੈਦਾ ਕਰਨ ਵਾਲੇ ਪ੍ਰਭੂ ਦਾ ਦੀਦਾਰ ਕਰਾ ਦਿੱਤਾ ਹੈ ਉਹਨਾਂ ਦੇ ਮਨ ਤਨ ਵਿਚ ਸਦਾ ਠੰਢ ਵਰਤੀ ਰਹਿੰਦੀ ਹੈ; ਜਿਉਂ ਜਿਉਂ ਉਹ ਗੁਰੂ ਦੇ ਰਾਹ ਤੇ ਤੁਰ ਕੇ ਸਿਫ਼ਤਿ-ਸਾਲਾਹ ਕਰਦੇ ਹਨ ਤਿਉਂ ਤਿਉਂ ਪ੍ਰਭੂ ਦੀ ਰਜ਼ਾ ਵਿਚ ਪ੍ਰਸੰਨ ਰਹਿੰਦੇ ਹਨ ।

(੮) ਗੁਰ-ਸ਼ਬਦ ਦੀ ਰਾਹੀਂ ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ ਉਹ ਪ੍ਰਭੂ ਨਾਲ ਇਕ-ਮਿਕ ਹੋ ਜਾਂਦੇ ਹਨ, "ਮੈਂ, ਮੇਰੀ" ਤਿਆਗ ਕੇ ਮਨ ਉਹਨਾਂ ਦਾ ਪਵਿਤ੍ਰ ਹੋ ਜਾਂਦਾ ਹੈ ।

ਪਰ ਮਨਮੁਖ "ਮੈਂ, ਮੇਰੀ" ਵਿਚ ਪੈ ਕੇ ਦਾਤਾਰ ਨੂੰ ਭੁਲਾ ਬੈਠਦੇ ਹਨ ।

(੯) ਪਰਮਾਤਮਾ ਦੇ ਡਰ ਤੋਂ ਬਿਨਾ ਉਸ ਦੀ ਭਗਤੀ ਨਹੀਂ ਹੋ ਸਕਦੀ; ਤੇ ਇਹ ਡਰ ਤਦੋਂ ਹੀ ਪੈਦਾ ਹੁੰਦਾ ਹੈ ਜੇ ਸਤਿਗੁਰੂ ਦੀ ਸਰਨ ਆਵੀਏ ।

(੧੦) ਗੁਰ-ਸ਼ਬਦ ਦੀ ਰਾਹੀਂ ਪ੍ਰਭੂ ਦੀ ਪ੍ਰਾਪਤੀ ਹੁੰਦੀ ਹੈ ਕਿਉਂਕਿ ਗੁਰੂ ਦੀ ਰਾਹੀਂ ਹੀ ਤਨ ਮਨ ਅਰਪ ਕੇ ਸਿਫ਼ਤਿ-ਸਾਲਾਹ ਕਰਨ ਦੀ ਜਾਚ ਆਉਂਦੀ ਹੈ ।

(੧੧) 'ਬੰਦਗੀ' ਦਾ ਨੇਮ ਪ੍ਰਭੂ ਨੇ ਧੁਰੋਂ ਹੀ ਜੀਵ ਲਈ ਬਣਾ ਦਿੱਤਾ ਹੈ, ਪਰ ਬੰਦਗੀ ਗੁਰੂ ਦੀ ਕਿਰਪਾ ਨਾਲ ਹੀ ਹੋ ਸਕਦੀ ਹੈ; ਸ਼ਬਦ ਦੀ ਰਾਹੀਂ ਉਸ ਦੇ ਦਰ ਤੇ ਅੱਪੜਨ ਦਾ ਪਰਵਾਨਾ ਮਿਲਦਾ ਹੈ ।

(੧੨) ਮਨੁੱਖ ਦਾ ਮਨ ਜਗਤ ਦੇ ਧੰਧਿਆਂ ਵਿਚ ਦਸੀਂ ਪਾਸੀਂ ਦੌੜਦਾ ਹੈ, ਜੇ ਇਹ ਕਦੇ ਬੰਦਗੀ ਦੀ ਤਾਂਘ ਭੀ ਕਰੇ ਤਾਂ ਭੀ ਨਹੀਂ ਕਰ ਸਕਦਾ ਕਿਉਂਕਿ ਮਨ ਨਹੀਂ ਟਿਕਦਾ । ਸਤਿਗੁਰੂ ਮਨ ਨੂੰ ਰੋਕਦਾ ਹੈ, ਸੋ ਗੁਰੂ ਦੀ ਮਤਿ ਨਾਲ ਹੀ 'ਨਾਮ' ਮਿਲਦਾ ਹੈ ।

(੧੩) ਜੋ ਮਨੁੱਖ ਪ੍ਰਭੂ ਨੂੰ ਵਿਸਾਰ ਕੇ ਮਾਇਆ ਵਿਚ ਪਿਆਰ ਪਾਂਦੇ ਹਨ ਉਹ 'ਹਉਮੈ' ਵਿਚ ਫਸ ਕੇ ਖ਼ੁਆਰ ਹੁੰਦੇ ਹਨ ਤੇ ਮਨੁੱਖਾ-ਜਨਮ ਅਜਾਈਂ ਗਵਾਂਦੇ ਹਨ ।

(੧੪) ਭਾਵੇਂ ਮਾਇਆ ਦਾ ਮੋਹ ਝੂਠਾ ਹੈ ਪਰ ਜਗਤ ਇਸ ਵਿਚ ਫਸਿਆ ਪਿਆ ਹੈ ਤੇ "ਹਉਮੈ" ਦੇ ਲੰਮੇ ਗੇੜ ਵਿਚ ਪੈ ਕੇ ਦੁਖੀ ਹੋ ਰਿਹਾ ਹੈ ।

(੧੫) ਜੋ ਮਨੁੱਖ ਗੁਰੂ ਦੀ ਰਾਹੀਂ ਪ੍ਰਭੂ ਦੇ ਦਰ ਤੇ 'ਨਾਮ' ਦੀ ਦਾਤਿ ਮੰਗਦਾ ਹੈ, ਉਹ ਹਿਰਦੇ ਵਿਚ 'ਨਾਮ' ਪ੍ਰੋ ਕੇ, ਜੋਤਿ ਮਿਲਾ ਕੇ, ਸਿਫ਼ਤਿ-ਸਾਲਾਹ ਦਾ ਇਕ-ਰਸ ਆਨੰਦ ਮਾਣਦਾ ਹੈ ।

(੧੬) ਸਿਫ਼ਤਿ-ਸਾਲਾਹ ਕਰਨ ਵਾਲਾ ਮਨੁੱਖ ਜਨਮ ਸਫਲਾ ਕਰ ਲੈਂਦਾ ਹੈ, ਪ੍ਰਭੂ ਨੂੰ ਹਿਰਦੇ ਵਿਚ ਵਸਾਂਦਾ ਹੈ ਤੇ ਪ੍ਰਭੂ ਦਾ ਦਰ-ਰੂਪ ਨਿਰੋਲ ਆਪਣਾ ਘਰ ਲੱਭ ਲੈਂਦਾ ਹੈ ਜਿਥੋਂ ਕਦੇ ਭਟਕਦਾ ਨਹੀਂ ।

(੧੭) ਸਿਫ਼ਤਿ-ਸਾਲਾਹ ਕਰਨ ਵਾਲਾ ਅੰਦਰੋਂ 'ਹਉਮੈ' ਦੀ ਮੈਲ ਧੋ ਲੈਂਦਾ ਹੈ, ਜਗ ਵਿਚ ਸੋਭਾ ਪਾਂਦਾ ਹੈ ਤੇ ਚਿਰੀਂ ਵਿਛੁੜੇ ਦਾ ਮਾਲਕ ਨਾਲ ਮੇਲ ਹੋ ਜਾਂਦਾ ਹੈ ।

(੧੮) ਸਿਫ਼ਤਿ-ਸਾਲਾਹ ਨਾਲ ਮਨ ਦੀਆਂ ਵਾਸਨਾਂ ਮੁੱਕ ਜਾਂਦੀਆਂ ਹਨ, ਮਨ ਪ੍ਰਭੂ ਵਿਚ ਪਤੀਜ ਜਾਂਦਾ ਹੈ ।

(੧੯) ਜਿਉਂ ਜਿਉਂ 'ਨਾਮ' ਦਾ ਰਸ ਆਉਂਦਾ ਹੈ । ਤਿਉਂ ਤਿਉਂ ਹੋਰ ਲਗਨ ਵਧਦੀ ਹੈ; ਗੁਰ-ਸ਼ਬਦ ਦੀ ਰਾਹੀਂ 'ਨਾਮ' ਵਿਚ ਹੀ ਜੁੜਿਆ ਰਹਿੰਦਾ ਹੈ ।

(੨੦) ਆਖ਼ਰ, ਪ੍ਰਭੂ ਤੋਂ ਬਿਨਾ ਹੋਰ ਕੋਈ ਬੇਲੀ ਨਹੀਂ ਜਾਪਦਾ, ਇਕ ਉਹੋ ਹੀ ਰਾਖਾ ਦਿੱਸਦਾ ਹੈ, ਕਿਸੇ ਹੋਰ ਦੀ ਆਸ ਨਹੀਂ ਰਹਿ ਜਾਂਦੀ ।

ਸਮੁੱਚਾ ਭਾਵ—(੧) ਜਗਤ-ਰੂਪ ਤਖ਼ਤ ਰਚ ਕੇ ਪ੍ਰਭੂ ਨੇ ਇਸ ਵਿਚ ਧਰਤੀ ਜੀਵਾਂ ਦੇ ਧਰਮ ਕਮਾਣ ਲਈ ਬਣਾਈ । ਇਸ ਵਿਚ ਮੋਹ ਝੂਠ ਅਹੰਕਾਰ ਆਦਿਕ ਹਨੇਰਾ ਭੀ ਉਸ ਨੇ ਆਪ ਹੀ ਬਣਾਇਆ । ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ 'ਮੋਹ' ਵਿਚ ਫਸ ਕੇ "ਮੈਂ, ਮੇਰੀ" ਵਿਚ ਖ਼ੁਆਰ ਹੁੰਦਾ ਹੈ ਤੇ ਵਿਕਾਰਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ ।

(੨) ਸਭ ਤੋਂ ਉੱਚੀ ਦਾਤਿ 'ਨਾਮ' ਹੈ; ਜੋ ਗੁਰੂ ਦੇ ਸਨਮੁਖ ਹੋ ਕੇ ਜਪਦੇ ਹਨ ਉਹਨਾਂ ਦਾ ਮੋਹ ਦਾ ਗੇੜ ਮੁੱਕ ਜਾਂਦਾ ਹੈ, ਉਹਨਾਂ ਦੇ ਤਨ ਮਨ ਵਿਚ ਠੰਢ ਰਹਿੰਦੀ ਹੈ, ਉਹ ਰਜ਼ਾ ਵਿਚ ਪ੍ਰਸੰਨ ਰਹਿੰਦੇ ਹਨ, ਪ੍ਰਭੂ ਨਾਲ ਇਕ-ਮਿਕ ਹੋ ਜਾਂਦੇ ਹਨ, "ਮੈਂ, ਮੇਰੀ" ਛੱਡਣ ਕਰਕੇ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ ।

(੩) ਬੰਦਗੀ ਗੁਰੂ ਦੀ ਰਾਹੀਂ ਹੀ ਹੋ ਸਕਦੀ ਹੈ ਕਿਉਂਕਿ ਪ੍ਰਭੂ ਦੇ ਡਰ ਤੋਂ ਬਿਨਾ ਭਗਤੀ ਨਹੀਂ ਹੁੰਦੀ ਤੇ ਇਸ ਡਰ ਦੀ ਸੂਝ ਗੁਰੂ ਤੋਂ ਹੀ ਪੈਂਦੀ ਹੈ, ਗੁਰੂ ਦੀ ਰਾਹੀਂ ਹੀ ਤਨ ਮਨ ਅਰਪ ਕੇ ਸਿਫ਼ਤਿ-ਸਾਲਾਹ ਕਰਨ ਦੀ ਜਾਚ ਆਉਂਦੀ ਹੈ, ਗੁਰੂ-ਸ਼ਬਦ ਦੀ ਰਾਹੀਂ ਹੀ ਉਸ ਦੇ ਦਰ ਤੇ ਅੱਪੜਨ ਦਾ ਪਰਵਾਨਾ ਮਿਲਦਾ ਹੈ, ਗੁਰੂ ਹੀ ਮਨ ਨੂੰ ਰੋਕਣ ਦੀ ਜਾਚ ਸਿਖਾਂਦਾ ਹੈ ਤੇ ਮਨ ਰੋਕਣ ਤੋਂ ਬਿਨਾ ਭਗਤੀ ਵਿਚ ਲੱਗ ਨਹੀਂ ਸਕੀਦਾ ।

(੪) 'ਨਾਮ' ਵਿਸਾਰਿਆਂ ਮਾਇਆ ਦੇ ਮੋਹ ਵਿਚ ਫਸੀਦਾ ਹੈ ਤੇ 'ਹਉਮੈ' ਦੇ ਲੰਮੇ ਗੇੜ ਵਿਚ ਪੈ ਕੇ ਖ਼ੁਆਰ ਹੋਈਦਾ ਹੈ ।

(੫) 'ਨਾਮ' ਸਿਮਰਨ ਵਾਲਾ ਇਕ-ਰਸ ਆਨੰਦ ਵਿਚ ਰਹਿੰਦਾ ਹੈ, ਸ੍ਵੈ-ਸਰੂਪ ਵਿਚ ਟਿਕਦਾ ਹੈ, ਹਉਮੈ ਦੀ ਮੈਲ ਧੋ ਲੈਂਦਾ ਹੈ, ਮਨ ਦੀਆਂ ਵਾਸਨਾ ਮੁੱਕ ਜਾਂਦੀਆਂ ਹਨ, 'ਨਾਮ' ਵਲ ਲਗਨ ਵਧਦੀ ਜਾਂਦੀ ਹੈ, ਆਖ਼ਰ ਪ੍ਰਭੂ ਹੀ ਹਰ ਥਾਂ ਬੇਲੀ ਤੇ ਰਾਖਾ ਜਾਪਦਾ ਹੈ ।

'ਵਾਰ' ਦੀ ਬਣਤਰ

ਇਸ 'ਵਾਰ' ਦੀਆਂ ੨੦ ਪਉੜੀਆਂ ਹਨ, ਹਰੇਕ ਪਉੜੀ ਦੀਆਂ ਪੰਜ ਪੰਜ ਤੁਕਾਂ ਹਨ । ੪੬ ਸਲੋਕ ਹਨ, ਜਿਨ੍ਹਾਂ ਦਾ ਵੇਰਵਾ ਇਉਂ ਹੈ—

ਸਲੋਕ ਮਹਲਾ ੩ — ੧੪
ਸਲੋਕ ਮਹਲਾ ੧ — ੨੧
ਸਲੋਕ ਮਹਲਾ ੨ — ੧੧
. . . . ——
. . ਜੋੜ ੪੬

'ਵਾਰ' ਗੁਰੂ ਅਮਰਦਾਸ ਜੀ ਦੀ ਬਣਾਈ ਹੋਈ ਹੈ, ਪਰ ਉਹਨਾਂ ਦੇ ਆਪਣੇ ਸ਼ਲੋਕ ਸਿਰਫ਼ ਹੇਠ-ਲਿਖੀਆਂ ੬ ਪਉੜੀਆਂ ਦੇ ਨਾਲ ਹਨ—੧, ੨, ੩, ੫, ੬, ੯ । ਪਉੜੀ ਨੰ: ੬ ਦੇ ਨਾਲ ੩ ਸ਼ਲੋਕ ਹਨ, ਬਾਕੀ ਪਉੜੀਆਂ ਨਾਲ ਦੋ ਦੋ । ਪਉੜੀ ਨੰ: ੪ ਨਾਲ ਭੀ ਗੁਰੂ ਅਮਰਦਾਸ ਜੀ ਦਾ ੧ ਸ਼ਲੋਕ ਹੈ, ਦੂਜਾ ਸ਼ਲੋਕ ਗੁਰੂ ਨਾਨਕ ਸਾਹਿਬ ਦਾ ਹੈ । ਬਾਕੀ ੧੩ ਪਉੜੀਆਂ ਨਾਲ ਗੁਰੂ ਅਮਰਦਾਸ ਜੀ ਦਾ ਕੋਈ ਸ਼ਲੋਕ ਨਹੀਂ ਹੈ ।

ਜੇ ਗੁਰੂ ਅਮਰਦਾਸ ਜੀ ਇਹ 'ਵਾਰ' ਸ਼ਲੋਕਾਂ-ਸਮੇਤ ਉਚਾਰਦੇ, ਤਾਂ ਜਿਵੇਂ ਪਉੜੀਆਂ ਦੀ ਬਣਤਰ ਪੱਧਰੀ ਹੈ, ਸ਼ਲੋਕ ਭੀ ਹਰੇਕ ਪਉੜੀ ਦੇ ਨਾਲ ਉਚਾਰਦੇ ਤੇ ਗਿਣਤੀ ਇਕੋ ਜਿਹੀ ਰੱਖਦੇ । ਪਰ ੨੦ ਪਉੜੀਆਂ ਵਿਚੋਂ ਸਿਰਫ਼ ੫ ਪਉੜੀਆਂ ਨਾਲ ਦੋ ਦੋ ਸ਼ਲੋਕ; ੧ ਪਉੜੀ ਨਾਲ ੩ ਸਲੋਕ, ਤੇ ਇਕ ਪਉੜੀ ਨਾਲ ਸਿਰਫ਼ ੧ ਸਲੋਕ, ਬਾਕੀ ੧੩ ਪਉੜੀਆਂ ਨਾਲ ਕੋਈ ਭੀ ਸਲੋਕ ਨਾਹ—ਇਹ ਗੱਲ ਸਾਫ਼ ਇਸ ਸਿੱਟੇ ਤੇ ਅਪੜਾਂਦੀ ਹੈ ਕਿ "ਵਾਰ" ਸਿਰਫ਼ ਪਉੜੀਆਂ ਸੀ । ਗੁਰੂ ਅਮਰਦਾਸ ਜੀ ਨੇ 'ਵਾਰ' ਲਿਖਣ ਵੇਲੇ ਕੋਈ ਸਲੋਕ ਨਹੀਂ ਉਚਾਰਿਆ; ਇਹ ਸਲੋਕ ਉਹਨਾਂ ਦੇ ਸੰਗ੍ਰਹ ਵਿਚੋਂ ਗੁਰੂ ਅਰਜਨ ਸਾਹਿਬ ਨੇ 'ਬੀੜ' ਤਿਆਰ ਕਰਨ ਵੇਲੇ ਦਰਜ ਕੀਤੇ ਸਨ ਤੇ ਸਾਰੀਆਂ ਵਾਰਾਂ ਨਾਲ ਦਰਜ ਕਰਨ ਪਿਛੋਂ ਜੋ ਵਧ ਰਹੇ, ਉਹ ਗੁਰੂ ਗ੍ਰੰਥ ਸਾਹਿਬ ਦੇ ਅਖ਼ੀਰ ਵਿਚ ਇਕੱਠੇ "ਸਲੋਕ ਵਾਰਾਂ ਤੇ ਵਧੀਕ" ਦੇ ਸਿਰ-ਲੇਖ ਹੇਠ ਦਰਜ ਕਰ ਦਿੱਤੇ ।

ਵਿਆਕਰਣ ਦੇ ਖ਼ਿਆਲ ਤੋਂ ਗੁਰੂ ਅਮਰਦਾਸ ਜੀ ਦੀ ਇਸ 'ਰਚਨਾ' ਵਿਚ ਇਕ ਸੁਆਦਲੀ ਗੱਲ ਮਿਲਦੀ ਹੈ । ੨੦ ਪਉੜੀਆਂ ਵਿਚੋਂ ੧੦ ਐਸੀਆਂ ਹਨ ਜਿਨ੍ਹਾਂ ਵਿਚ 'ਭੂਤ ਕਾਲ' (ਫਓਸਟ ਠੲਨਸੲ) ਦਾ ਇਕ ਖ਼ਾਸ ਰੂਪ ਮਿਲਦਾ ਹੈ ਜਿਸ ਦੇ ਨਾਲ ਹੀ ਉਸ ਦਾ 'ਕਰਤਾ' (ਸ਼ੁਬਜੲਚਟ) ਭੀ ਮਿਲਿਆ ਹੋਇਆ ਹੈ; ਵੇਖੋ—

ਪਉੜੀ ਨੰ: ੧—ਰਚਾਇਓਨੁ, ਸਾਜੀਅਨੁ
ਪਉੜੀ ਨੰ: ੨—ਸਾਜੀਅਨੁ
ਪਉੜੀ ਨੰ: ੩—ਉਪਾਇਅਨੁ
ਪਉੜੀ ਨੰ: ੪—ਉਪਾਇਓਨੁ, ਪਾਇਅਨੁ, ਬੁਝਾਇਓਨੁ, ਬਖਸਿਓਨੁ
ਪਉੜੀ ਨੰ: ੫—ਪਾਇਓਨੁ
ਪਉੜੀ ਨੰ: ੭—ਉਪਾਈਅਨੁ
ਪਉੜੀ ਨੰ: ੧੧—ਚਲਾਇਓਨੁ
ਪਉੜੀ ਨੰ: ੧੨—ਲਾਇਅਨੁ
ਪਉੜੀ ਨੰ: ੧੬—ਖੁਆਇਅਨੁ, ਰਚਾਇਓਨੁ
ਪਉੜੀ ਨੰ: ੧੪—ਪਾਇਓਨੁ, ਚੁਕਾਇਓਨੁ

੨੦ ਪਉੜੀਆਂ ਵਿਚ ਇਹ ਕ੍ਰਿਆ-ਰੂਪ ੧੬ ਵਾਰੀ ਆਇਆ ਹੈ; ਐਸਾ ਪ੍ਰਤੀਤ ਹੁੰਦਾ ਹੈ ਕਿ ਇਹ 'ਕ੍ਰਿਆ-ਰੂਪ' ਵਰਤਣ ਦਾ ਉਹਨਾਂ ਨੂੰ ਖ਼ਾਸ ਸ਼ੌਕ ਸੀ ।

ਸਲੋਕੁ ਮਃ ੩ ॥ ਸੂਹੈ ਵੇਸਿ ਦੋਹਾਗਣੀ ਪਰ ਪਿਰੁ ਰਾਵਣ ਜਾਇ ॥ ਪਿਰੁ ਛੋਡਿਆ ਘਰਿ ਆਪਣੈ ਮੋਹੀ ਦੂਜੈ ਭਾਇ ॥ ਮਿਠਾ ਕਰਿ ਕੈ ਖਾਇਆ ਬਹੁ ਸਾਦਹੁ ਵਧਿਆ ਰੋਗੁ ॥ ਸੁਧੁ ਭਤਾਰੁ ਹਰਿ ਛੋਡਿਆ ਫਿਰਿ ਲਗਾ ਜਾਇ ਵਿਜੋਗੁ ॥ ਗੁਰਮੁਖਿ ਹੋਵੈ ਸੁ ਪਲਟਿਆ ਹਰਿ ਰਾਤੀ ਸਾਜਿ ਸੀਗਾਰਿ ॥ ਸਹਜਿ ਸਚੁ ਪਿਰੁ ਰਾਵਿਆ ਹਰਿ ਨਾਮਾ ਉਰ ਧਾਰਿ ॥ ਆਗਿਆਕਾਰੀ ਸਦਾ ਸੋੁਹਾਗਣਿ ਆਪਿ ਮੇਲੀ ਕਰਤਾਰਿ ॥ ਨਾਨਕ ਪਿਰੁ ਪਾਇਆ ਹਰਿ ਸਾਚਾ ਸਦਾ ਸੋੁਹਾਗਣਿ ਨਾਰਿ ॥੧॥ {ਪੰਨਾ ੭੮੫}

ਪਦ ਅਰਥ :—ਸੂਹਾ—ਚੁਹਚੁਹਾ ਰੰਗ ਜਿਵੇਂ ਕਸੁੰਭੇ ਦਾ ਹੁੰਦਾ ਹੈ । ਵੇਸਿ—ਵੇਸ ਵਿਚ । ਸੂਹੈ ਵੇਸਿ—ਸੂਹੇ ਵੇਸ ਵਿਚ । ਰਾਵਣ ਜਾਇ—ਭੋਗਣ ਜਾਂਦੀ ਹੈ । ਮੋਹੀ—ਠੱਗੀ ਗਈ, ਲੁੱਟੀ ਗਈ । ਮਿਠਾ ਕਰਿ ਕੈ—ਸੁਆਦਲਾ ਜਾਣ ਕੇ । ਸੁਧੁ—ਖ਼ਾਲਸ, ਨਿਰੋਲ ਆਪਣਾ । ਪਲਟਿਆ—ਪਰਤਿਆ । ਸਾਜਿ ਸੀਗਾਰਿ—ਸਜਾ ਬਣਾ ਕੇ । ਸਹਜਿ—ਸਹਜ ਅਵਸਥਾ ਵਿਚ । ਉਰ—ਹਿਰਦਾ । ਸੋੁਹਾਗਣਿ—ਅੱਖਰ 'ਸ' ਦੀਆਂ ਲਗਾਂ (ੋ) ਤੇ (ੁ) ਵਿਚੋਂ ਏਥੋਂ (ੁ) ਪੜ੍ਹਨਾ ਹੈ । ਕਰਤਾਰਿ—ਕਰਤਾਰ ਨੇ । ਦੋਹਾਗਣਿ—ਮੰਦੇ ਭਾਗਾਂ ਵਾਲੀ, ਰੰਡੀ ।

ਅਰਥ :—ਜੋ ਜੀਵ-ਇਸਤ੍ਰੀ ਦੁਨੀਆ ਦੇ ਸੋਹਣੇ ਪਦਾਰਥ-ਰੂਪ ਕਸੁੰਭੇ ਦੇ ਚੁਹਚੁਹੇ ਰੰਗ ਵਾਲੇ ਵੇਸ ਵਿਚ (ਮਸਤ) ਹੈ ਉਹ ਮੰਦੇ ਭਾਗਾਂ ਵਾਲੀ ਹੈ, ਉਹ (ਮਾਨੋ) ਪਰਾਏ ਖਸਮ ਨੂੰ ਭੋਗਣ ਤੁਰ ਪੈਂਦੀ ਹੈ, ਮਾਇਆ ਦੇ ਪਿਆਰ ਵਿਚ ਉਹ ਲੁੱਟੀ ਜਾ ਰਹੀ ਹੈ (ਕਿਉਂਕਿ) ਉਹ ਆਪਣੇ ਹਿਰਦੇ-ਘਰ ਵਿਚ ਵੱਸਦੇ ਖਸਮ-ਪ੍ਰਭੂ ਨੂੰ ਵਿਸਾਰ ਦੇਂਦੀ ਹੈ ।

(ਜਿਸ ਜੀਵ-ਇਸਤ੍ਰੀ ਨੇ ਦੁਨੀਆ ਦੇ ਪਦਾਰਥਾਂ ਨੂੰ) ਸੁਆਦਲੇ ਜਾਣ ਕੇ ਭੋਗਿਆ ਹੈ (ਉਸ ਦੇ ਮਨ ਵਿਚ) ਇਹਨਾਂ ਬਹੁਤੇ ਚਸਕਿਆਂ ਤੋਂ ਰੋਗ ਵਧਦਾ ਹੈ, (ਭਾਵ), ਉਹ ਨਿਰੋਲ ਆਪਣੇ ਖਸਮ-ਪ੍ਰਭੂ ਨੂੰ ਛੱਡ ਬਹਿੰਦੀ ਹੈ ਤੇ ਇਸ ਤਰ੍ਹਾਂ ਉਸ ਨਾਲੋਂ ਇਸ ਦਾ ਵਿਛੋੜਾ ਹੋ ਜਾਂਦਾ ਹੈ ।

ਜੋ ਜੀਵ-ਇਸਤ੍ਰੀ ਗੁਰੂ ਦੇ ਹੁਕਮ ਵਿਚ ਤੁਰਦੀ ਹੈ ਉਸ ਦਾ ਮਨ (ਦੁਨੀਆ ਦੇ ਭੋਗਾਂ ਵਲੋਂ) ਪਰਤਦਾ ਹੈ, ਉਹ (ਪ੍ਰਭੂ-ਪਿਆਰ ਰੂਪ ਗਹਣੇ ਨਾਲ ਆਪਣੇ ਆਪ ਨੂੰ) ਸਜਾ ਬਣਾ ਕੇ ਪਰਮਾਤਮਾ (ਦੇ ਪਿਆਰ) ਵਿਚ ਰੱਤੀ ਰਹਿੰਦੀ ਹੈ, ਪ੍ਰਭੂ ਦਾ ਨਾਮ ਹਿਰਦੇ ਵਿਚ ਧਾਰ ਕੇ ਸਹਜ ਅਵਸਥਾ ਵਿਚ (ਟਿਕ ਕੇ) ਸਦਾ-ਥਿਰ ਰਹਿਣ ਵਾਲੇ ਖਸਮ ਨੂੰ ਮਾਣਦੀ ਹੈ ।

ਪ੍ਰਭੂ ਦੇ ਹੁਕਮ ਵਿਚ ਤੁਰਨ ਵਾਲੀ ਜੀਵ-ਇਸਤ੍ਰੀ ਸਦਾ ਸੁਹਾਗ ਭਾਗ ਵਾਲੀ ਹੈ, ਕਰਤਾਰ (ਖਸਮ) ਨੇ ਉਸ ਨੂੰ ਆਪਣੇ ਨਾਲ ਮਿਲਾ ਲਿਆ ਹੈ । ਹੇ ਨਾਨਕ! ਜਿਸ ਨੇ ਸਦਾ-ਥਿਰ ਪ੍ਰਭੂ ਖਸਮ ਪ੍ਰਾਪਤ ਕਰ ਲਿਆ ਹੈ ਉਹ (ਜੀਵ-) ਇਸਤ੍ਰੀ ਸਦਾ ਸੁਹਾਗ ਭਾਗ ਵਾਲੀ ਹੈ ।੧।

ਮਃ ੩ ॥ ਸੂਹਵੀਏ ਨਿਮਾਣੀਏ ਸੋ ਸਹੁ ਸਦਾ ਸਮ੍ਾਲਿ ॥ ਨਾਨਕ ਜਨਮੁ ਸਵਾਰਹਿ ਆਪਣਾ ਕੁਲੁ ਭੀ ਛੁਟੀ ਨਾਲਿ ॥੨॥ {ਪੰਨਾ ੭੮੫}

ਪਦ ਅਰਥ :—ਸੂਹਵੀਏ—ਹੇ ਸੂਹੇ ਵੇਸ ਵਾਲੀਏ! ਹੇ ਚੁਹਚਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ! ਨਿਮਾਣੀਏ—ਹੇ ਵਿਚਾਰੀਏ!

ਅਰਥ :—ਹੇ ਚੁਹਚੁਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ ਵਿਚਾਰੀਏ! ਖਸਮ-ਪ੍ਰਭੂ ਨੂੰ ਸਦਾ ਚੇਤੇ ਰੱਖ । ਹੇ ਨਾਨਕ! (ਆਖ ਕਿ ਇਸ ਤਰ੍ਹਾਂ) ਤੂੰ ਆਪਣਾ ਜੀਵਨ ਸਵਾਰ ਲਏਂਗੀ, ਤੇਰੀ ਕੁਲ ਭੀ ਤੇਰੇ ਨਾਲ ਮੁਕਤ ਹੋ ਜਾਇਗੀ ।੨।

ਪਉੜੀ ॥ ਆਪੇ ਤਖਤੁ ਰਚਾਇਓਨੁ ਆਕਾਸ ਪਤਾਲਾ ॥ ਹੁਕਮੇ ਧਰਤੀ ਸਾਜੀਅਨੁ ਸਚੀ ਧਰਮ ਸਾਲਾ ॥ ਆਪਿ ਉਪਾਇ ਖਪਾਇਦਾ ਸਚੇ ਦੀਨ ਦਇਆਲਾ ॥ ਸਭਨਾ ਰਿਜਕੁ ਸੰਬਾਹਿਦਾ ਤੇਰਾ ਹੁਕਮੁ ਨਿਰਾਲਾ ॥ ਆਪੇ ਆਪਿ ਵਰਤਦਾ ਆਪੇ ਪ੍ਰਤਿਪਾਲਾ ॥੧॥ {ਪੰਨਾ ੭੮੫}

ਪਦ ਅਰਥ :—ਰਚਾਇਓਨੁ—ਰਚਾਇਆ ਉਸ ਨੇ । ਸਾਜੀਅਨੁ—ਸਾਜੀ ਉਸ ਨੇ । ਧਰਮਸਾਲਾ—ਧਰਮ ਕਮਾਣ ਦੀ ਥਾਂ । ਉਪਾਇ—ਪੈਦਾ ਕਰ ਕੇ । ਸੰਬਾਹਿਦਾ—ਅਪੜਾਂਦਾ ।

ਅਰਥ :—ਆਕਾਸ਼ ਤੇ ਪਾਤਾਲ ਦੇ ਵਿਚਲਾ ਸਾਰਾ ਜਗਤ-ਰੂਪ ਤਖ਼ਤ ਪ੍ਰਭੂ ਨੇ ਹੀ ਬਣਾਇਆ ਹੈ, ਉਸ ਨੇ ਆਪਣੇ ਹੁਕਮ ਵਿਚ ਹੀ ਧਰਤੀ ਜੀਵਾਂ ਦੇ ਧਰਮ ਕਮਾਣ ਲਈ ਥਾਂ ਬਣਾਈ ਹੈ ।

ਹੇ ਦੀਨਾਂ ਤੇ ਦਇਆ ਕਰਨ ਵਾਲੇ ਸਦਾ ਕਾਇਮ ਰਹਿਣ ਵਾਲੇ! ਤੂੰ ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈਂ । (ਹੇ ਪ੍ਰਭੂ!) ਤੇਰਾ ਹੁਕਮ ਅਨੋਖਾ ਹੈ (ਭਾਵ, ਕੋਈ ਇਸ ਨੂੰ ਮੋੜ ਨਹੀਂ ਸਕਦਾ) ਤੂੰ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈਂ, ਹਰ ਥਾਂ ਤੂੰ ਖ਼ੁਦ ਆਪ ਮੌਜੂਦ ਹੈਂ ਤੇ ਤੂੰ ਆਪ ਹੀ ਜੀਵਾਂ ਦੀ ਪਾਲਣਾ ਕਰਦਾ ਹੈਂ ।੧।

ਸਲੋਕੁ ਮਃ ੩ ॥ ਸੂਹਬ ਤਾ ਸੋਹਾਗਣੀ ਜਾ ਮੰਨਿ ਲੈਹਿ ਸਚੁ ਨਾਉ ॥ ਸਤਿਗੁਰੁ ਅਪਣਾ ਮਨਾਇ ਲੈ ਰੂਪੁ ਚੜੀ ਤਾ ਅਗਲਾ ਦੂਜਾ ਨਾਹੀ ਥਾਉ ॥ ਐਸਾ ਸੀਗਾਰੁ ਬਣਾਇ ਤੂ ਮੈਲਾ ਕਦੇ ਨ ਹੋਵਈ ਅਹਿਨਿਸਿ ਲਾਗੈ ਭਾਉ ॥ ਨਾਨਕ ਸੋਹਾਗਣਿ ਕਾ ਕਿਆ ਚਿਹਨੁ ਹੈ ਅੰਦਰਿ ਸਚੁ ਮੁਖੁ ਉਜਲਾ ਖਸਮੈ ਮਾਹਿ ਸਮਾਇ ॥੧॥ {ਪੰਨਾ ੭੮੫}

ਪਦ ਅਰਥ :—ਸੂਹਬ—ਹੇ ਸੂਹੇ ਵੇਸ ਵਾਲੀਏ! ਅਗਲਾ—ਬਹੁਤਾ । ਅਹਿ—ਦਿਨ । ਨਿਸਿ—ਰਾਤ । ਭਾਉ—ਪ੍ਰੇਮ । ਚਿਹਨੁ—ਲੱਛਣ ।

ਅਰਥ :—ਹੇ ਸੂਹੇ ਵੇਸ ਵਾਲੀਏ! ਜੇ ਤੂੰ ਸਦਾ-ਥਿਰ (ਪ੍ਰਭੂ ਦਾ) ਨਾਮ ਮੰਨ ਲਏਂ ਤਾਂ ਤੂੰ ਸੁਹਾਗ ਭਾਗ ਵਾਲੀ ਹੋ ਜਾਏਂ । ਆਪਣੇ ਗੁਰੂ ਨੂੰ ਪ੍ਰਸੰਨ ਕਰ ਲੈ, ਬੜੀ (ਨਾਮ-) ਰੰਗਣ ਚੜ੍ਹ ਆਵੇਗੀ (ਪਰ ਇਸ ਰੰਗਣ ਲਈ ਗੁਰੂ ਤੋਂ ਬਿਨਾ) ਕੋਈ ਹੋਰ ਥਾਂ ਨਹੀਂ ਹੈ । (ਸੋ ਗੁਰੂ ਦੀ ਸਰਨ ਪੈ ਕੇ) ਅਜੇਹਾ (ਸੋਹਣਾ ਸਿੰਗਾਰ ਬਣਾ ਜੋ ਕਦੇ ਮੈਲਾ ਨਾਹ ਹੋਵੇ ਤੇ ਦਿਨ ਰਾਤ ਤੇਰਾ ਪਿਆਰ (ਪ੍ਰਭੂ ਨਾਲ) ਬਣਿਆ ਰਹੇ ।

ਹੇ ਨਾਨਕ! (ਇਸ ਤੋਂ ਬਿਨਾ) ਸੁਹਾਗ ਭਾਗ ਵਾਲੀ ਜੀਵ-ਇਸਤ੍ਰੀ ਦਾ ਹੋਰ ਕੀਹ ਲੱਛਣ ਹੋ ਸਕਦਾ ਹੈ? ਉਸ ਦੇ ਅੰਦਰ ਸੱਚਾ ਨਾਮ ਹੋਵੇ, ਮੂੰਹ (ਉਤੇ ਨਾਮ ਦੀ) ਲਾਲੀ ਹੋਵੇ ਤੇ ਉਹ ਖਸਮ-ਪ੍ਰਭੂ ਵਿਚ ਜੁੜੀ ਰਹੇ ।੧।

ਮਃ ੩ ॥ ਲੋਕਾ ਵੇ ਹਉ ਸੂਹਵੀ ਸੂਹਾ ਵੇਸੁ ਕਰੀ ॥ ਵੇਸੀ ਸਹੁ ਨ ਪਾਈਐ ਕਰਿ ਕਰਿ ਵੇਸ ਰਹੀ ॥ ਨਾਨਕ ਤਿਨੀ ਸਹੁ ਪਾਇਆ ਜਿਨੀ ਗੁਰ ਕੀ ਸਿਖ ਸੁਣੀ ॥ ਜੋ ਤਿਸੁ ਭਾਵੈ ਸੋ ਥੀਐ ਇਨ ਬਿਧਿ ਕੰਤ ਮਿਲੀ ॥੨॥ {ਪੰਨਾ ੭੮੫}

ਅਰਥ :—ਹੇ ਲੋਕੋ! ਮੈਂ (ਨਿਰੀ) ਸੂਹੇ ਵੇਸੁ ਵਾਲੀ (ਹੀ) ਹਾਂ, ਮੈਂ (ਨਿਰੇ) ਸੂਹੇ ਕੱਪੜੇ (ਹੀ) ਪਾਂਦੀ ਹਾਂ; ਪਰ (ਨਿਰੇ) ਵੇਸਾਂ ਨਾਲ ਖਸਮ (-ਪ੍ਰਭੂ) ਨਹੀਂ ਮਿਲਦਾ, ਮੈਂ ਵੇਸ ਕਰ ਕਰ ਕੇ ਥੱਕ ਗਈ ਹਾਂ ।

ਹੇ ਨਾਨਕ! ਖਸਮ ਉਹਨਾਂ ਨੂੰ (ਹੀ) ਮਿਲਦਾ ਹੈ ਜਿਨ੍ਹਾਂ ਨੇ ਸਤਿਗੁਰੂ ਦੀ ਸਿੱਖਿਆ ਸੁਣੀ ਹੈ । (ਜਦੋਂ ਜੀਵ-ਇਸਤ੍ਰੀ ਇਸ ਅਵਸਥਾ ਤੇ ਅੱਪੜ ਜਾਏ ਕਿ) ਜੋ ਪ੍ਰਭੂ ਨੂੰ ਭਾਉਂਦਾ ਹੈ ਉਹੀ ਹੁੰਦਾ ਹੈ, ਤਾਂ ਇਸ ਤਰ੍ਹਾਂ ਉਹ ਖਸਮ-ਪ੍ਰਭੂ ਨੂੰ ਮਿਲ ਪੈਂਦੀ ਹੈ ।੨।

ਪਉੜੀ ॥ ਹੁਕਮੀ ਸ੍ਰਿਸਟਿ ਸਾਜੀਅਨੁ ਬਹੁ ਭਿਤਿ ਸੰਸਾਰਾ ॥ ਤੇਰਾ ਹੁਕਮੁ ਨ ਜਾਪੀ ਕੇਤੜਾ ਸਚੇ ਅਲਖ ਅਪਾਰਾ ॥ ਇਕਨਾ ਨੋ ਤੂ ਮੇਲਿ ਲੈਹਿ ਗੁਰ ਸਬਦਿ ਬੀਚਾਰਾ ॥ ਸਚਿ ਰਤੇ ਸੇ ਨਿਰਮਲੇ ਹਉਮੈ ਤਜਿ ਵਿਕਾਰਾ ॥ ਜਿਸੁ ਤੂ ਮੇਲਹਿ ਸੋ ਤੁਧੁ ਮਿਲੈ ਸੋਈ ਸਚਿਆਰਾ ॥੨॥ {ਪੰਨਾ ੭੮੬}

ਪਦ ਅਰਥ :—ਸ੍ਰਿਸਟਿ—ਜਗਤ । ਬਹੁ ਭਿਤਿ—ਬਹੁ ਭਾਂਤ ਦੀ । ਸਚਿ—ਸੱਚ ਵਿਚ, ਸਦਾ-ਥਿਰ ਪ੍ਰਭੂ ਵਿਚ । ਤਜਿ—ਤਿਆਗ ਕੇ । ਸਚਿਆਰਾ—ਸੱਚ ਦਾ ਵਪਾਰੀ ।

ਅਰਥ :—ਉਸ ਪ੍ਰਭੂ ਨੇ ਇਹ ਸ੍ਰਿਸ਼ਟੀ ਇਹ ਸੰਸਾਰ ਆਪਣੇ ਹੁਕਮ ਅਨੁਸਾਰ ਕਈ ਕਿਸਮਾਂ ਦਾ ਬਣਾਇਆ ਹੈ ।

ਹੇ ਸੱਚੇ! ਹੇ ਅਲੱਖ! ਤੇ ਹੇ ਬੇਅੰਤ ਪ੍ਰਭੂ! ਇਹ ਸਮਝ ਨਹੀਂ ਪੈਂਦੀ ਕਿ ਤੇਰਾ ਹੁਕਮ ਕੇਡਾ ਕੁ (ਬਲਵਾਨ) ਹੈ । ਕਈ ਜੀਵਾਂ ਨੂੰ ਤੂੰ ਗੁਰ-ਸ਼ਬਦ ਵਿਚ ਜੋੜ ਕੇ ਆਪਣੇ ਨਾਲ ਮਿਲਾ ਲੈਂਦਾ ਹੈਂ, ਉਹ ਹਉਮੈ-ਰੂਪ ਵਿਕਾਰ ਤਿਆਗ ਕੇ ਤੇਰੇ ਨਾਮ ਵਿਚ ਰੰਗੇ ਜਾਂਦੇ ਹਨ ਤੇ ਪਵਿਤ੍ਰ ਹੋ ਜਾਂਦੇ ਹਨ । ਹੇ ਪ੍ਰਭੂ! ਜਿਸ ਨੂੰ ਤੂੰ ਮਿਲਾਂਦਾ ਹੈਂ ਉਹ ਤੈਨੂੰ ਮਿਲਦਾ ਹੈ ਤੇ ਉਹੀ ਸੱਚ ਦਾ ਵਪਾਰੀ ਹੈ ।੨।

ਸਲੋਕੁ ਮਃ ੩ ॥ ਸੂਹਵੀਏ ਸੂਹਾ ਸਭੁ ਸੰਸਾਰੁ ਹੈ ਜਿਨ ਦੁਰਮਤਿ ਦੂਜਾ ਭਾਉ ॥ ਖਿਨ ਮਹਿ ਝੂਠੁ ਸਭੁ ਬਿਨਸਿ ਜਾਇ ਜਿਉ ਟਿਕੈ ਨ ਬਿਰਖ ਕੀ ਛਾਉ ॥ ਗੁਰਮੁਖਿ ਲਾਲੋ ਲਾਲੁ ਹੈ ਜਿਉ ਰੰਗਿ ਮਜੀਠ ਸਚੜਾਉ ॥ ਉਲਟੀ ਸਕਤਿ ਸਿਵੈ ਘਰਿ ਆਈ ਮਨਿ ਵਸਿਆ ਹਰਿ ਅੰਮ੍ਰਿਤ ਨਾਉ ॥ ਨਾਨਕ ਬਲਿਹਾਰੀ ਗੁਰ ਆਪਣੇ ਜਿਤੁ ਮਿਲਿਐ ਹਰਿ ਗੁਣ ਗਾਉ ॥੧॥ {ਪੰਨਾ ੭੮੬}

ਪਦ ਅਰਥ :—ਸੂਹਵੀ—ਹੇ ਸੂਹੇ ਵੇਸ ਵਾਲੀਏ! ਹੇ ਕਸੁੰਭੇ ਰੰਗ ਨਾਲ ਪਿਆਰ ਕਰਨ ਵਾਲੀਏ! ਸੂਹਾ—ਕਸੁੰਭੇ ਦੇ ਰੰਗੇ ਵਾਲਾ, ਚੁਹਚੁਹਾ, ਖਿੱਚ ਪਾਣ ਵਾਲਾ । ਬਿਰਖ—ਰੁੱਖ । ਰੰਗਿ—ਰੰਗ ਵਿਚ । ਸਚੜਾਉ—ਸੱਚਾ, ਪੱਕਾ । ਸਕਤਿ—ਮਾਇਆ । ਸਿਵੈ ਘਰਿ—ਪਰਮਾਤਮਾ ਦੇ ਘਰ । ਮਨਿ—ਮਨ ਵਿਚ । ਜਿਤੁ ਮਿਲਿਐ—ਜਿਸ ਨੂੰ ਮਿਲ ਕੇ ।

ਅਰਥ :—ਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ! ਜਿਨ੍ਹਾਂ ਦੇ ਅੰਦਰ ਮਾਇਆ ਦਾ ਮੋਹ ਹੈ ਤੇ ਭੈੜੀ ਮਤਿ ਹੈ ਉਹਨਾਂ ਨੂੰ ਸੰਸਾਰ ਚੁਹਚੁਹਾ ਜਾਪਦਾ ਹੈ (ਭਾਵ ਉਹਨਾਂ ਨੂੰ ਦੁਨੀਆ ਦਾ ਮੋਹ ਖਿੱਚ ਪਾਂਦਾ ਹੈ); ਪਰ ਇਹ ਕਸੁੰਭਾ-ਰੰਗ ਝੂਠਾ ਹੈ ਪਲ ਵਿਚ ਨਾਸ ਹੋ ਜਾਂਦਾ ਹੈ ਜਿਵੇਂ ਰੁੱਖ ਦੀ ਛਾਂ ਨਹੀਂ ਟਿਕਦੀ ।

ਜੋ ਜੀਵ-ਇਸਤ੍ਰੀ ਗੁਰੂ ਦੇ ਸਨਮੁਖ ਹੁੰਦੀ ਹੈ ਉਸਨੂੰ ਨਿਰੋਲ ਪੱਕਾ ਲਾਲ (ਨਾਮ) ਰੰਗ ਚੜ੍ਹਦਾ ਹੈ ਜਿਵੇਂ ਉਹ ਮਜੀਠ ਦੇ ਰੰਗ ਵਿਚ (ਰੰਗੀ ਹੁੰਦੀ) ਹੈ । ਉਹ ਮਾਇਆ ਵਲੋਂ ਪਰਤ ਕੇ ਪਰਮਾਤਮਾ ਦੇ ਸਰੂਪ ਵਿਚ ਟਿਕਦੀ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਅੰਮ੍ਰਿਤ ਨਾਮ ਵੱਸਦਾ ਹੈ । ਹੇ ਨਾਨਕ! ਆਪਣੇ ਗੁਰੂ ਤੋਂ ਸਦਕੇ ਹੋਵੀਏ ਜਿਸ ਨੂੰ ਮਿਲਿਆਂ ਪਰਮਾਤਮਾ ਦੇ ਗੁਣ ਗਾਵੀਦੇ ਹਨ ।੧।

ਮਃ ੩ ॥ ਸੂਹਾ ਰੰਗੁ ਵਿਕਾਰੁ ਹੈ ਕੰਤੁ ਨ ਪਾਇਆ ਜਾਇ ॥ ਇਸੁ ਲਹਦੇ ਬਿਲਮ ਨ ਹੋਵਈ ਰੰਡ ਬੈਠੀ ਦੂਜੈ ਭਾਇ ॥ ਮੁੰਧ ਇਆਣੀ ਦੁੰਮਣੀ ਸੂਹੈ ਵੇਸਿ ਲੋੁਭਾਇ ॥ ਸਬਦਿ ਸਚੈ ਰੰਗੁ ਲਾਲੁ ਕਰਿ ਭੈ ਭਾਇ ਸੀਗਾਰੁ ਬਣਾਇ ॥ ਨਾਨਕ ਸਦਾ ਸੋਹਾਗਣੀ ਜਿ ਚਲਨਿ ਸਤਿਗੁਰ ਭਾਇ ॥੨॥ {ਪੰਨਾ ੭੮੬}

ਪਦ ਅਰਥ :—ਵਿਕਾਰੁ—ਪਾਪ, ਮੰਦ ਕਰਮ । ਬਿਲਮ—ਦੇਰੀ, ਢਿੱਲ । ਮੁੰਧ—ਇਸਤ੍ਰੀ । ਦੁੰਮਣੀ—ਦੁਚਿੱਤੀ । ਵੇਸਿ—ਵੇਸ ਵਿਚ । ਲੋੁਭਾਇ—{ਅੱਖਰ 'ਲ' ਦੀਆਂ ਮਾਤ੍ਰਾਂ (ੋ) ਤੇ (ੁ) ਵਿਚੋਂ ਏਥੇ (ੁ) ਪੜ੍ਹਨਾ ਹੈ; ਅਸਲ ਲਫ਼ਜ਼ 'ਲੋਭਾਇ' ਹੈ} । ਭਾਇ—ਪ੍ਰੇਮ ਦੀ ਰਾਹੀਂ । ਸੀਗਾਰੁ—ਸਜਾਵਟ, ਸੋਹਜ । ਜਿ—ਜੋ (ਜੀਵ-ਇਸਤ੍ਰੀਆਂ) ।

ਅਰਥ :—(ਜਿਵੇਂ) ਚੁਹਚੁਹਾ ਰੰਗ (ਇਸਤ੍ਰੀ ਦੇ ਮਨ ਨੂੰ ਖਿੱਚ ਪਾਂਦਾ ਹੈ, ਤਿਵੇਂ) ਵਿਕਾਰ (ਜੀਵ-ਇਸਤ੍ਰੀ ਨੂੰ) ਖਿੱਚਦਾ ਹੈ (ਇਸ ਖਿੱਚ ਵਿਚ ਫਸਿਆਂ) ਖਸਮ-ਪ੍ਰਭੂ ਨਹੀਂ ਮਿਲ ਸਕਦਾ, (ਵਿਕਾਰ ਦੇ) ਇਸ (ਚੁਹਚੁਹੇ ਰੰਗ) ਦੇ ਉਤਰਦਿਆਂ ਢਿੱਲ ਭੀ ਨਹੀਂ ਲੱਗਦੀ (ਸੋ) ਮਾਇਆ ਦੇ ਮੋਹ ਵਿਚ (ਫਸੀ ਜੀਵ-ਇਸਤ੍ਰੀ ਨੂੰ) ਰੰਡੀ ਹੋਈ ਜਾਣੋ । ਜੋ (ਮਾਇਆ ਦੇ) ਚੁਹਚੁਹੇ ਵੇਸ ਵਿਚ ਲੁਭਿਤ ਹੈ ਉਹ (ਜੀਵ-) ਇਸਤ੍ਰੀ ਅੰਞਾਣੀ ਹੈ ਉਸ ਦਾ ਮਨ ਸਦਾ ਡੋਲਦਾ ਹੈ ।

(ਜੋ ਜੋ ਜੀਵ-ਇਸਤ੍ਰੀ) ਸੱਚੇ ਸਬਦ ਦੀ ਰਾਹੀਂ (ਪ੍ਰਭੂ-ਨਾਮ ਦਾ ਪੱਕਾ) ਲਾਲ ਰੰਗ ਬਣਾ ਕੇ, ਪ੍ਰਭੂ ਦੇ ਡਰ ਤੇ ਪ੍ਰੇਮ ਦੀ ਰਾਹੀਂ (ਆਪਣੇ ਮਨ ਦਾ) ਸੋਹਜ ਬਣਾਂਦੀ ਹੈ, ਜੋ ਸਤਿਗੁਰੂ ਦੇ ਪਿਆਰ ਵਿਚ (ਇਸ ਜੀਵਨ-ਪੰਧ ਤੇ) ਤੁਰਦੀਆਂ ਹਨ, ਹੇ ਨਾਨਕ! ਉਹ ਸਦਾ ਸੁਹਾਗ ਭਾਗ ਵਾਲੀਆਂ ਹਨ ।੨।

ਪਉੜੀ ॥ ਆਪੇ ਆਪਿ ਉਪਾਇਅਨੁ ਆਪਿ ਕੀਮਤਿ ਪਾਈ ॥ ਤਿਸ ਦਾ ਅੰਤੁ ਨ ਜਾਪਈ ਗੁਰ ਸਬਦਿ ਬੁਝਾਈ ॥ ਮਾਇਆ ਮੋਹੁ ਗੁਬਾਰੁ ਹੈ ਦੂਜੈ ਭਰਮਾਈ ॥ ਮਨਮੁਖ ਠਉਰ ਨ ਪਾਇਨੀ ਫਿਰਿ ਆਵੈ ਜਾਈ ॥ ਜੋ ਤਿਸੁ ਭਾਵੈ ਸੋ ਥੀਐ ਸਭ ਚਲੈ ਰਜਾਈ ॥੩॥ {ਪੰਨਾ ੭੮੬}

ਪਦ ਅਰਥ :—ਉਪਾਇਅਨੁ—ਉਪਾਏ ਉਸ ਨੇ । ਕੀਮਤਿ—ਮੁੱਲ, ਕਦਰ । ਬੁਝਾਈ—ਸਮਝ ਦੇਂਦਾ ਹੈ । ਗੁਬਾਰੁ—ਘੁੱਪ ਹਨੇਰਾ । ਦੂਜੈ—ਹੋਰ ਪਾਸੇ । ਠਉਰ—ਟਿਕਾਣਾ । ਰਜਾਈ—ਹੁਕਮ ਵਿਚ, ਰਜ਼ਾ ਵਿਚ ।

ਅਰਥ :—ਪ੍ਰਭੂ ਨੇ ਆਪ ਹੀ (ਸਾਰੇ ਜੀਵ) ਪੈਦਾ ਕੀਤੇ ਹਨ ਉਹ ਆਪ ਹੀ (ਇਹਨਾਂ ਦੀ) ਕਦਰ ਜਾਣਦਾ ਹੈ; ਉਸ ਪ੍ਰਭੂ ਦਾ ਅੰਤ ਨਹੀਂ ਪੈ ਸਕਦਾ (ਭਾਵ, ਉਸ ਦੀ ਇਸ ਖੇਡ ਦੀ ਸਮਝ ਨਹੀਂ ਪੈ ਸਕਦੀ), ਗੁਰੂ ਦੇ ਸਬਦ ਦੀ ਰਾਹੀਂ ਸਮਝ (ਆਪ ਹੀ) ਬਖ਼ਸ਼ਦਾ ਹੈ ।

ਮਾਇਆ ਦਾ ਮੋਹ (ਮਾਨੋ) ਘੁੱਪ ਹਨੇਰਾ ਹੈ (ਇਸ ਹਨੇਰੇ ਵਿਚ ਤੁਰ ਕੇ ਜੀਵ ਜ਼ਿੰਦਗੀ ਦਾ ਅਸਲ ਰਾਹ ਭੁੱਲ ਕੇ) ਹੋਰ ਪਾਸੇ ਭਟਕਣ ਲੱਗ ਪੈਂਦਾ ਹੈ । ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ (ਜ਼ਿੰਦਗੀ ਦੇ ਸਫ਼ਰ ਦੀ) ਅਸਲ ਮੰਜ਼ਲ ਨਹੀਂ ਲੱਭਦੀ, ਮਨਮੁਖ ਮਨੁੱਖ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ ।

(ਪਰ ਕੁਝ ਕਿਹਾ ਨਹੀਂ ਜਾ ਸਕਦਾ) ਜੋ ਉਸ ਪ੍ਰਭੂ ਨੂੰ ਭਾਂਦਾ ਹੈ ਉਹੀ ਹੁੰਦਾ ਹੈ, ਸਾਰੀ ਸ੍ਰਿਸ਼ਟੀ ਉਸ ਦੀ ਰਜ਼ਾ ਵਿਚ ਤੁਰ ਰਹੀ ਹੈ ।੨।

ਸਲੋਕੁ ਮਃ ੩ ॥ ਸੂਹੈ ਵੇਸਿ ਕਾਮਣਿ ਕੁਲਖਣੀ ਜੋ ਪ੍ਰਭ ਛੋਡਿ ਪਰ ਪੁਰਖ ਧਰੇ ਪਿਆਰੁ ॥ ਓਸੁ ਸੀਲੁ ਨ ਸੰਜਮੁ ਸਦਾ ਝੂਠੁ ਬੋਲੈ ਮਨਮੁਖਿ ਕਰਮ ਖੁਆਰੁ ॥ ਜਿਸੁ ਪੂਰਬਿ ਹੋਵੈ ਲਿਖਿਆ ਤਿਸੁ ਸਤਿਗੁਰੁ ਮਿਲੈ ਭਤਾਰੁ ॥ ਸੂਹਾ ਵੇਸੁ ਸਭੁ ਉਤਾਰਿ ਧਰੇ ਗਲਿ ਪਹਿਰੈ ਖਿਮਾ ਸੀਗਾਰੁ ॥ ਪੇਈਐ ਸਾਹੁਰੈ ਬਹੁ ਸੋਭਾ ਪਾਏ ਤਿਸੁ ਪੂਜ ਕਰੇ ਸਭੁ ਸੈਸਾਰੁ ॥ ਓਹ ਰਲਾਈ ਕਿਸੈ ਦੀ ਨਾ ਰਲੈ ਜਿਸੁ ਰਾਵੇ ਸਿਰਜਨਹਾਰੁ ॥ ਨਾਨਕ ਗੁਰਮੁਖਿ ਸਦਾ ਸੁਹਾਗਣੀ ਜਿਸੁ ਅਵਿਨਾਸੀ ਪੁਰਖੁ ਭਰਤਾਰੁ ॥੧॥ {ਪੰਨਾ ੭੮੬}

ਪਦ ਅਰਥ :—ਕਾਮਣਿ—ਇਸਤ੍ਰੀ । ਕੁਲਖਣੀ—ਭੈੜੇ ਲੱਛਣਾਂ ਵਾਲੀ । ਸੀਲੁ—ਚੰਗਾ ਆਚਰਨ । ਸੰਜਮੁ—ਬੰਦਸ਼ ਵਿਚ ਤੁਰਨਾ, ਜੁਗਤਿ ਵਾਲਾ ਜੀਵਨ । ਪੂਰਬਿ—ਪਹਿਲਾਂ ਤੋਂ । ਭਤਾਰੁ—ਰਾਖਾ । ਗਲਿ—ਗਲ ਵਿਚ । ਖਿਮਾ—ਕਿਸੇ ਦੀ ਵਧੀਕੀ ਨੂੰ ਸਹਾਰਨ ਦੀ ਆਦਤ । ਪੇਈਐ—ਪੇਕੇ ਘਰ ਵਿਚ, ਇਸ ਲੋਕ ਵਿਚ । ਸਾਹੁਰੈ—ਸਹੁਰੇ ਘਰ ਵਿਚ, ਪਰਲੋਕ ਵਿਚ । ਓਹ—ਉਹ ਜੀਵ-ਇਸਤ੍ਰੀ ।

ਅਰਥ :—(ਮਾਇਆ ਦੇ) ਚੁਹਚੁਹੇ ਵੇਸ ਵਿਚ (ਮਸਤ ਜੀਵ-ਇਸਤ੍ਰੀ, ਮਾਨੋ,) ਬਦਕਾਰ ਇਸਤ੍ਰੀ ਹੈ ਜੋ ਪ੍ਰਭੂ (ਖਸਮ) ਨੂੰ ਵਿਸਾਰ ਕੇ ਪਰਾਏ ਮਨੁੱਖ ਨਾਲ ਪਿਆਰ ਕਰਦੀ ਹੈ; ਉਸ ਦਾ ਨਾਹ ਚੰਗਾ ਆਚਰਨ ਹੈ, ਨਾਹ ਜੁਗਤਿ ਵਾਲਾ ਜੀਵਨ ਹੈ, ਸਦਾ ਝੂਠ ਬੋਲਦੀ ਹੈ, ਆਪ-ਹੁਦਰੇ ਕੰਮਾਂ ਕਰਕੇ ਖ਼ੁਆਰ ਹੁੰਦੀ ਹੈ । ਜਿਸ ਦੇ ਮੱਥੇ ਤੇ ਧੁਰ ਦਰਗਾਹੋਂ ਭਾਗ ਹੋਣ, ਉਸ ਨੂੰ ਗੁਰੂ ਰਾਖਾ ਮਿਲ ਪੈਂਦਾ ਹੈ, ਫਿਰ ਉਹ ਚੁਹਚੁਹਾ ਵੇਸ ਸਾਰਾ ਲਾਹ ਦੇਂਦੀ ਹੈ ਤੇ ਸਹਿਣ-ਸ਼ੀਲਤਾ ਦਾ ਗਹਣਾ ਗਲ ਵਿਚ ਪਾਂਦੀ ਹੈ । ਇਸ ਲੋਕ ਤੇ ਪਰਲੋਕ ਵਿਚ ਉਸ ਦੀ ਬੜੀ ਇੱਜ਼ਤ ਹੁੰਦੀ ਹੈ, ਸਾਰਾ ਜਗਤ ਉਸ ਦਾ ਆਦਰ ਕਰਦਾ ਹੈ । ਜਿਸ ਨੂੰ ਸਾਰੇ ਜਗ ਦਾ ਪੈਦਾ ਕਰਨ ਵਾਲਾ ਖਸਮ ਮਿਲ ਜਾਏ, ਉਸ ਦਾ ਜੀਵਨ ਨਿਰਾਲਾ ਹੀ ਹੋ ਜਾਂਦਾ ਹੈ; ਹੇ ਨਾਨਕ! ਜਿਸ ਦੇ ਸਿਰ ਤੇ ਕਦੇ ਨਾਹ ਮਰਨ ਵਾਲਾ ਖਸਮ ਹੋਵੇ, ਜੋ ਸਦਾ ਗੁਰੂ ਦੇ ਹੁਕਮ ਵਿਚ ਤੁਰੇ ਉਹ ਜੀਵ-ਇਸਤ੍ਰੀ ਸਦਾ ਸੁਹਾਗ ਭਾਗ ਵਾਲੀ ਹੁੰਦੀ ਹੈ ।੧।

ਮਃ ੧ ॥ ਸੂਹਾ ਰੰਗੁ ਸੁਪਨੈ ਨਿਸੀ ਬਿਨੁ ਤਾਗੇ ਗਲਿ ਹਾਰੁ ॥ ਸਚਾ ਰੰਗੁ ਮਜੀਠ ਕਾ ਗੁਰਮੁਖਿ ਬ੍ਰਹਮ ਬੀਚਾਰੁ ॥ ਨਾਨਕ ਪ੍ਰੇਮ ਮਹਾ ਰਸੀ ਸਭਿ ਬੁਰਿਆਈਆ ਛਾਰੁ ॥੨॥ {ਪੰਨਾ ੭੮੬}

ਪਦ ਅਰਥ :—ਨਿਸੀ—ਰਾਤ । ਬ੍ਰਹਮ ਬੀਚਾਰੁ—ਪ੍ਰਭੂ ਦੀ ਵਿਚਾਰ, ਰੱਬ ਦੀਆਂ ਗੱਲਾਂ । ਰਸੀ—ਰਸੀ ਹੋਈ, ਭਿੱਜੀ ਹੋਈ । ਛਾਰੁ—ਸੁਆਹ ।

ਅਰਥ :—(ਮਾਇਆ ਦਾ) ਚੁਹਚੁਹਾ ਰੰਗ (ਮਾਨੋ) ਰਾਤ ਦਾ ਸੁਫ਼ਨਾ ਹੈ, (ਮਾਨੋ) ਧਾਗੇ ਤੋਂ ਬਿਨਾ ਹਾਰ ਗਲ ਵਿਚ ਪਾਇਆ ਹੋਇਆ ਹੈ; ਗੁਰੂ ਦੇ ਸਨਮੁਖ ਹੋ ਕੇ ਰੱਬ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ, (ਮਾਨੋ) ਮਜੀਠ ਦਾ ਪੱਕਾ ਰੰਗ ਹੈ ।

ਹੇ ਨਾਨਕ! ਜੋ ਜੀਵ-ਇਸਤ੍ਰੀ (ਪ੍ਰਭੂ ਦੇ) ਪਿਆਰ ਦੇ ਮਹਾ ਰਸ ਵਿਚ ਭਿੱਜੀ ਹੋਈ ਹੈ ਉਸ ਦੇ ਸਾਰੇ ਭੈੜ (ਸੜ ਕੇ) ਸੁਆਹ ਹੋ ਜਾਂਦੇ ਹਨ ।੨।

ਪਉੜੀ ॥ ਇਹੁ ਜਗੁ ਆਪਿ ਉਪਾਇਓਨੁ ਕਰਿ ਚੋਜ ਵਿਡਾਨੁ ॥ ਪੰਚ ਧਾਤੁ ਵਿਚਿ ਪਾਈਅਨੁ ਮੋਹੁ ਝੂਠੁ ਗੁਮਾਨੁ ॥ ਆਵੈ ਜਾਇ ਭਵਾਈਐ ਮਨਮੁਖੁ ਅਗਿਆਨੁ ॥ ਇਕਨਾ ਆਪਿ ਬੁਝਾਇਓਨੁ ਗੁਰਮੁਖਿ ਹਰਿ ਗਿਆਨੁ ॥ ਭਗਤਿ ਖਜਾਨਾ ਬਖਸਿਓਨੁ ਹਰਿ ਨਾਮੁ ਨਿਧਾਨੁ ॥੪॥ {ਪੰਨਾ ੭੮੬}

ਪਦ ਅਰਥ :—ਉਪਾਇਓਨੁ—ਉਪਾਇਆ ਉਸ ਨੇ । ਚੋਜ—ਕੌਤਕ, ਖੇਡਾਂ । ਵਿਡਾਨੁ—ਹੈਰਾਨਗੀ, ਅਚਰਜਤਾ । ਪੰਚ ਧਾਤੁ—ਪੰਜ ਤੱਤ । ਪਾਈਅਨੁ—ਪਾਈ ਹੈ ਉਸ ਨੇ । ਅਗਿਆਨੁ—ਅ+ਗਿਆਨੁ, ਗਿਆਨ-ਹੀਣ । ਬੁਝਾਇਓਨੁ—ਬੁਝਾਇਆ ਉਸ ਨੇ । ਬਖਸਿਓਨੁ—ਬਖ਼ਸ਼ਿਆ ਉਸ ਨੇ । ਨਿਧਾਨੁ—ਖ਼ਜ਼ਾਨਾ ।

ਨੋਟ :—"ਪਾਈਅਨੁ" ਦਾ ਭਾਵ ਏਥੇ "ਪਾਇਅਨੁ" ਹੈ ਜਿਸ ਦਾ ਅਰਥ ਹੈ "ਪਾਏ ਹਨ ਉਸ ਨੇ" ।

ਅਰਥ :—ਹੈਰਾਨ ਕਰਨ ਵਾਲੇ ਕੌਤਕ ਕਰ ਕੇ ਪ੍ਰਭੂ ਨੇ ਆਪ ਇਹ ਜਗਤ ਪੈਦਾ ਕੀਤਾ, ਇਸ ਵਿਚ ਪੰਜ ਤੱਤ ਪਾ ਦਿੱਤੇ ਜੋ ਮੋਹ ਝੂਠ ਤੇ ਗੁਮਾਨ (ਆਦਿਕ ਦਾ ਮੂਲ) ਹਨ । ਗਿਆਨ-ਹੀਨ ਆਪ-ਹੁਦਰਾ ਮਨੁੱਖ (ਇਹਨਾਂ ਵਿਚ ਫਸ ਕੇ) ਭਟਕਦਾ ਹੈ ਤੇ ਜੰਮਦਾ ਮਰਦਾ ਹੈ ।

ਕਈ ਜੀਵਾਂ ਨੂੰ ਪ੍ਰਭੂ ਨੇ ਗੁਰੂ ਦੇ ਸਨਮੁਖ ਕਰ ਕੇ ਆਪਣਾ ਗਿਆਨ ਆਪ ਸਮਝਾਇਆ ਹੈ ਤੇ ਭਗਤੀ ਤੇ ਨਾਮ-ਰੂਪ ਖ਼ਜ਼ਾਨਾ ਹੈ ।੪।

ਸਲੋਕੁ ਮਃ ੩ ॥ ਸੂਹਵੀਏ ਸੂਹਾ ਵੇਸੁ ਛਡਿ ਤੂ ਤਾ ਪਿਰ ਲਗੀ ਪਿਆਰੁ ॥ ਸੂਹੈ ਵੇਸਿ ਪਿਰੁ ਕਿਨੈ ਨ ਪਾਇਓ ਮਨਮੁਖਿ ਦਝਿ ਮੁਈ ਗਾਵਾਰਿ ॥ ਸਤਿਗੁਰਿ ਮਿਲਿਐ ਸੂਹਾ ਵੇਸੁ ਗਇਆ ਹਉਮੈ ਵਿਚਹੁ ਮਾਰਿ ॥ ਮਨੁ ਤਨੁ ਰਤਾ ਲਾਲੁ ਹੋਆ ਰਸਨਾ ਰਤੀ ਗੁਣ ਸਾਰਿ ॥ ਸਦਾ ਸੋਹਾਗਣਿ ਸਬਦੁ ਮਨਿ ਭੈ ਭਾਇ ਕਰੇ ਸੀਗਾਰੁ ॥ ਨਾਨਕ ਕਰਮੀ ਮਹਲੁ ਪਾਇਆ ਪਿਰੁ ਰਾਖਿਆ ਉਰ ਧਾਰਿ ॥੧॥ {ਪੰਨਾ ੭੮੭}

ਪਦ ਅਰਥ :—ਸੂਹਵੀਏ—ਹੇ ਕਸੁੰਭੇ ਰੰਗ ਨਾਲ ਪਿਆਰ ਕਰਨ ਵਾਲੀਏ! ਸੂਹਾ ਵੇਸੁ—ਚੁਹਚੁਹੇ ਰੰਗ ਵਾਲਾ ਵੇਸ, ਮਨ ਨੂੰ ਮੋਹਣ ਵਾਲੇ ਪਦਾਰਥਾਂ ਦਾ ਚਾਉ । ਦਝਿ—ਸੜ ਕੇ । ਗਾਵਾਰਿ—ਗਵਾਰਨ । ਗੁਣ ਸਾਰਿ—ਪ੍ਰਭੂ ਦੇ ਗੁਣ ਚੇਤੇ ਕਰ ਕੇ । ਕਰਮੀ—ਪ੍ਰਭੂ ਦੀ ਮਿਹਰ ਨਾਲ । ਉਰ—ਹਿਰਦਾ ।

ਅਰਥ :—ਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ! ਮਨ ਨੂੰ ਮੋਹਣ ਵਾਲੇ ਪਦਾਰਥਾਂ ਦਾ ਪਿਆਰ ਛੱਡ, ਤਾਂ ਹੀ ਤੇਰਾ ਆਪਣੇ ਪਤੀ-ਪ੍ਰਭੂ ਨੂੰ ਪਿਆਰ ਬਣੇਗਾ; ਇਸ ਚੁਹਚੁਹੇ ਰੰਗ ਵਿਚ (ਮੋਹ ਪਾ ਕੇ) ਕਦੇ ਕਿਸੇ ਨੇ ਖਸਮ-ਪ੍ਰਭੂ ਨਹੀਂ ਪਾਇਆ, (ਅਜੇਹੀ) ਆਪ-ਹੁਦਰੀ ਮੂਰਖ ਇਸਤ੍ਰੀ (ਇਸ ਮੋਹ ਵਿਚ ਹੀ) ਸੜ ਮਰਦੀ ਹੈ ।

ਜੇ ਗੁਰੂ ਮਿਲ ਪਏ ਤਾਂ ਅੰਦਰੋਂ ਹਉਮੈ ਦੂਰ ਕੀਤਿਆਂ ਸ਼ੋਖ਼-ਰੰਗ ਮਾਇਆ ਦਾ ਮੋਹ ਦੂਰ ਹੋ ਜਾਂਦਾ ਹੈ, ਮਨ ਤੇ ਸਰੀਰ (ਨਾਮ-ਰੂਪ ਮਜੀਠ ਰੰਗ ਨਾਲ) ਰੱਤਾ ਲਾਲ ਹੋ ਜਾਂਦਾ ਹੈ, ਜੀਭ ਪ੍ਰਭੂ ਦੇ ਗੁਣ ਯਾਦ ਕਰ ਕੇ ਰੰਗੀ ਜਾਂਦੀ ਹੈ ।

ਜਿਸ ਜੀਵ-ਇਸਤ੍ਰੀ ਨੇ ਪ੍ਰਭੂ ਤੇ ਡਰ ਤੇ ਪਿਆਰ ਦੀ ਰਾਹੀਂ (ਆਪਣੇ ਮਨ ਦਾ) ਸੋਹਜ ਬਣਾਇਆ ਹੈ ਜਿਸ ਦੇ ਮਨ ਵਿਚ ਗੁਰ-ਸ਼ਬਦ ਵੱਸਦਾ ਹੈ ਉਹ ਸਦਾ ਲਈ ਸੁਹਾਗ ਭਾਗ ਵਾਲੀ ਹੋ ਜਾਂਦੀ ਹੈ । ਹੇ ਨਾਨਕ! ਪ੍ਰਭੂ ਦੀ ਮਿਹਰ ਨਾਲ ਪ੍ਰਭੂ ਨੂੰ ਹਿਰਦੇ ਵਿਚ ਟਿਕਾਇਆਂ ਉਸ ਦੀ ਹਜ਼ੂਰੀ ਪ੍ਰਾਪਤ ਹੁੰਦੀ ਹੈ ।੧।

ਮਃ ੩ ॥ ਮੁੰਧੇ ਸੂਹਾ ਪਰਹਰਹੁ ਲਾਲੁ ਕਰਹੁ ਸੀਗਾਰੁ ॥ ਆਵਣ ਜਾਣਾ ਵੀਸਰੈ ਗੁਰ ਸਬਦੀ ਵੀਚਾਰੁ ॥ ਮੁੰਧ ਸੁਹਾਵੀ ਸੋਹਣੀ ਜਿਸੁ ਘਰਿ ਸਹਜਿ ਭਤਾਰੁ ॥ ਨਾਨਕ ਸਾਧਨ ਰਾਵੀਐ ਰਾਵੇ ਰਾਵਣਹਾਰੁ ॥੨॥ {ਪੰਨਾ ੭੮੭}

ਪਦ ਅਰਥ :—ਮੁੰਧੇ—ਹੇ ਇਸਤ੍ਰੀਏ! ਪਰਹਰਹੁ—ਛੱਡ ਦੇਹ । ਘਰਿ—ਹਿਰਦੇ ਵਿਚ । ਸਹਜਿ—ਸਹਿਜ ਅਵਸਥਾ ਦੇ ਕਾਰਣ । ਸਾਧਨ—ਇਸਤ੍ਰੀ । ਰਾਵੀਐ—ਮਾਣੀਦੀ ਹੈ । ਰਾਵਣਹਾਰੁ—ਚੋਜੀ, ਅਨੰਦੀ ਪ੍ਰਭੂ ।

ਅਰਥ :—ਹੇ ਜੀਵ-ਇਸਤ੍ਰੀ! ਮਨ ਨੂੰ ਮੋਹਣ ਵਾਲੇ ਪਦਾਰਥਾਂ ਦਾ ਪਿਆਰ ਛੱਡ ਤੇ ਪਰਮਾਤਮਾ ਦਾ ਨਾਮ-ਸਿੰਗਾਰ ਬਣਾ ਜੋ (ਮਾਨੋ, ਮਜੀਠ ਦਾ ਪੱਕਾ) ਲਾਲ ਰੰਗ ਹੈ; ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਨਾਮ ਦਾ) ਵਿਚਾਰ ਕਰ, ਜਨਮ ਮਰਨ ਵਾਲਾ ਸਿਲਸਿਲਾ ਮੁੱਕ ਜਾਇਗਾ ।

ਹੇ ਨਾਨਕ! ਉਹ ਜੀਵ-ਇਸਤ੍ਰੀ ਸੋਹਣੀ ਸੁੰਦਰ ਹੈ ਜਿਸ ਦੇ ਹਿਰਦੇ-ਘਰ ਵਿਚ ਅਡੋਲ ਅਵਸਥਾ ਬਣ ਜਾਣ ਕਰਕੇ ਖਸਮ-ਪ੍ਰਭੂ ਆ ਵੱਸਦਾ ਹੈ, ਉਸ ਜੀਵ-ਇਸਤ੍ਰੀ ਨੂੰ ਚੋਜੀ ਪ੍ਰਭੂ ਆਪਣੇ ਨਾਲ ਮਿਲਾ ਲੈਂਦਾ ਹੈ ।੨।

ਪਉੜੀ ॥ ਮੋਹੁ ਕੂੜੁ ਕੁਟੰਬੁ ਹੈ ਮਨਮੁਖੁ ਮੁਗਧੁ ਰਤਾ ॥ ਹਉਮੈ ਮੇਰਾ ਕਰਿ ਮੁਏ ਕਿਛੁ ਸਾਥਿ ਨ ਲਿਤਾ ॥ ਸਿਰ ਉਪਰਿ ਜਮਕਾਲੁ ਨ ਸੁਝਈ ਦੂਜੈ ਭਰਮਿਤਾ ॥ ਫਿਰਿ ਵੇਲਾ ਹਥਿ ਨ ਆਵਈ ਜਮਕਾਲਿ ਵਸਿ ਕਿਤਾ ॥ ਜੇਹਾ ਧੁਰਿ ਲਿਖਿ ਪਾਇਓਨੁ ਸੇ ਕਰਮ ਕਮਿਤਾ ॥੫॥ {ਪੰਨਾ ੭੮੭}

ਪਦ ਅਰਥ :—ਮੁਗਧੁ—ਮੂਰਖ । ਕੁਟੰਬੁ—(ਭਾਵ,) ਘਰ ਦਾ ਜੰਜਾਲ । ਜਮਕਾਲਿ—ਜਮਕਾਲ ਨੇ । ਪਾਇਓਨੁ—ਪਾਇਆ ਉਸ (ਪ੍ਰਭੂ) ਨੇ । ਕਮਿਤਾ—

ਕਰਦਾ ਹੈ ।

ਅਰਥ :—(ਇਸ ਜਗਤ ਵਿਚ) ਮੋਹ ਕੂੜ ਤੇ ਜੰਜਾਲ (ਪ੍ਰਬਲ) ਹੈ, ਮੂਰਖ ਆਪ-ਹੁਦਰਾ ਮਨੁੱਖ ਇਸ ਵਿਚ ਰੱਤਾ ਹੋਇਆ ਹੈ; "ਮੈਂ, ਮੇਰੀ" ਵਿਚ (ਭਾਵ, "ਮੈਂ ਵੱਡਾ ਹਾਂ", "ਇਹ ਧਨ ਪਦਾਰਥ ਮੇਰਾ ਹੈ" ਇਹ ਆਖ ਆਖ ਕੇ) ਮਨਮੁਖ ਬੰਦੇ (ਏਥੇ ਖ਼ੁਆਰ ਹੁੰਦੇ ਹਨ, (ਤੇ ਮਰਨ ਵੇਲੇ ਏਥੋਂ) ਕੁਝ ਨਾਲ ਨਹੀਂ ਲੈ ਤੁਰਦੇ । ਮਾਇਆ ਵਿਚ ਭਟਕਣ ਦੇ ਕਾਰਨ (ਇਹਨਾਂ ਨੂੰ) ਸਿਰ ਤੇ ਮੌਤ ਖਲੋਤੀ ਭੀ ਨਹੀਂ ਸੁੱਝਦੀ, ਤੇ ਜਦੋਂ ਮੌਤ ਨੇ ਆ ਨੱਪਿਆ ਤਦੋਂ ਇਹ ਗੁਆਚਾ ਸਮਾ ਮੁੜ ਮਿਲਦਾ ਨਹੀਂ ।

(ਪਰ ਮਨਮੁਖ ਭੀ ਕੀਹ ਕਰਨ?) ਪ੍ਰਭੂ ਨੇ (ਜੀਵਾਂ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਜੋ ਲੇਖ ਧੁਰੋਂ ਮੱਥੇ ਤੇ ਲਿਖ ਦਿੱਤੇ, ਜੀਵ ਉਹੋ ਜਿਹੇ ਹੀ ਕਰਮ ਕਮਾਂਦੇ ਹਨ ।੫।

ਸਲੋਕੁ ਮਃ ੩ ॥ ਸਤੀਆ ਏਹਿ ਨ ਆਖੀਅਨਿ ਜੋ ਮੜਿਆ ਲਗਿ ਜਲੰਨਿ੍ ॥ ਨਾਨਕ ਸਤੀਆ ਜਾਣੀਅਨਿ੍ ਜਿ ਬਿਰਹੇ ਚੋਟ ਮਰੰਨਿ੍ ॥੧॥ {ਪੰਨਾ ੭੮੭}

ਪਦ ਅਰਥ :—ਸਤੀ—ਉਹ ਇਸਤ੍ਰੀ ਜੋ ਆਪਣੇ ਪਤੀ ਦੇ ਮਰਨ ਤੇ ਉਸ ਦੇ ਨਾਲ ਹੀ ਚਿਖਾ ਵਿਚ ਸੜ ਮਰਦੀ ਸੀ । ਆਖੀਅਨਿ—ਆਖੀਆਂ ਜਾਂਦੀਆਂ ਹਨ । ਮੜ—ਲੋਥ, ਲਾਸ਼ । ਬਿਰਹਾ—ਵਿਛੋੜਾ । ਏਹਿ—(ਬਹੁ-ਵਚਨ) ਅਜੇਹੀਆਂ ਇਸਤ੍ਰੀਆਂ । ਜਿ—ਜੋ ।

ਅਰਥ :—ਉਹ ਇਸਤ੍ਰੀਆਂ ਸਤੀ (ਹੋ ਗਈਆਂ) ਨਹੀਂ ਆਖੀਦੀਆਂ ਜੋ (ਪਤੀ ਦੀ) ਲੋਥ ਦੇ ਨਾਲ ਸੜ ਮਰਦੀਆਂ ਹਨ । ਹੇ ਨਾਨਕ! ਜੋ (ਪਤੀ ਦੀ ਮੌਤ ਤੇ) ਵਿਛੋੜੇ ਦੀ ਹੀ ਸੱਟ ਨਾਲ ਮਰ ਜਾਣ ਉਹਨਾਂ ਨੂੰ ਸਤੀ (ਹੋ ਗਈਆਂ) ਸਮਝਣਾ ਚਾਹੀਦਾ ਹੈ ।੧।

ਮਃ ੩ ॥ ਭੀ ਸੋ ਸਤੀਆ ਜਾਣੀਅਨਿ ਸੀਲ ਸੰਤੋਖਿ ਰਹੰਨਿ੍ ॥ ਸੇਵਨਿ ਸਾਈ ਆਪਣਾ ਨਿਤ ਉਠਿ ਸੰਮ੍ਹਾਲੰਨਿ੍ ॥੨॥ {ਪੰਨਾ ੭੮੭}

ਪਦ ਅਰਥ :—ਸੀਲ—ਸੁੱਚਾ ਆਚਰਨ । ਸੀਲ ਸੰਤੋਖਿ—ਸੁੱਚੇ ਆਚਰਜ-ਰੂਪ ਸੰਤੋਖ ਵਿਚ । ਸੇਵਨਿ—ਸੇਵਾ ਕਰਦੀਆਂ ਹਨ । ਉਠਿ—ਉੱਠ ਕੇ, ਭਾਵ, ਉੱਦਮ ਨਾਲ ।

ਅਰਥ :—ਉਹਨਾਂ ਜ਼ਨਾਨੀਆਂ ਨੂੰ ਭੀ ਸਤੀਆਂ ਹੀ ਸਮਝਣਾ ਚਾਹੀਦਾ ਹੈ, ਜੋ ਪਤਿਬ੍ਰਤ-ਧਰਮ ਵਿਚ ਰਹਿੰਦੀਆਂ ਹਨ, ਜੋ ਆਪਣੇ ਖਸਮ ਦੀ ਸੇਵਾ ਕਰਦੀਆਂ ਹਨ ਤੇ ਸਦਾ ਉੱਦਮ ਨਾਲ ਆਪਣਾ ਇਹ ਧਰਮ ਚੇਤੇ ਰੱਖਦੀਆਂ ਹਨ ।੨।

ਮਃ ੩ ॥ ਕੰਤਾ ਨਾਲਿ ਮਹੇਲੀਆ ਸੇਤੀ ਅਗਿ ਜਲਾਹਿ ॥ ਜੇ ਜਾਣਹਿ ਪਿਰੁ ਆਪਣਾ ਤਾ ਤਨਿ ਦੁਖ ਸਹਾਹਿ ॥ ਨਾਨਕ ਕੰਤ ਨ ਜਾਣਨੀ ਸੇ ਕਿਉ ਅਗਿ ਜਲਾਹਿ ॥ ਭਾਵੈ ਜੀਵਉ ਕੈ ਮਰਉ ਦੂਰਹੁ ਹੀ ਭਜਿ ਜਾਹਿ ॥੩॥ {ਪੰਨਾ ੭੮੭}

ਪਦ ਅਰਥ :—ਮਹੇਲੀਆ—ਇਸਤ੍ਰੀਆਂ । ਕੰਤਾ ਨਾਲਿ—ਜੀਉਂਦੇ ਖਸਮਾਂ ਨਾਲ {ਨੋਟ :—ਜੀਵ-ਆਤਮਾ ਦੇ ਸਰੀਰ ਵਿਚੋਂ ਨਿਕਲ ਜਾਣ ਤੇ ਨਿਰਾ ਸਰੀਰ ਹੀ ਕਿਸੇ ਇਸਤ੍ਰੀ ਦਾ 'ਕੰਤ' ਨਹੀਂ ਕਹਾ ਸਕਦਾ । "ਕੰਤ" ਜੀਉਂਦਾ ਮਨੁੱਖ ਹੀ ਹੋ ਸਕਦਾ ਹੈ; ਮਰੇ ਮਨੁੱਖ ਦੇ ਸਰੀਰ ਵਾਸਤੇ ਲਫ਼ਜ਼ "ਮੜ" ਵਰਤਿਆ ਹੈ; ਵੇਖੋ ਸਲੋਕੁ ਨੰ: ੧} । ਸੇਤੀ—ਨਾਲ । ਸੇਤੀ ਅਗਿ ਜਲਾਹਿ—ਅੱਗ ਨਾਲ ਸੜਦੀਆਂ ਹਨ, ਦੁੱਖ ਸਹਾਰਦੀਆਂ ਹਨ; ਜਗਤ ਦੇ ਦੁਖ ਸੁਖ ਵਿਚ ਕੰਤ ਦਾ ਸਾਥ ਦੇਂਦੀਆਂ ਹਨ । ਕੈ—ਭਾਵੇਂ । ਭਾਵੈ ਜੀਵਉ ਕੈ ਮਰਉ—ਚਾਹੇ ਜੀਵੇ ਚਾਹੇ ਮਰੇ, ਚਾਹੇ ਸੁਖੀ ਹੋਵੇ ਚਾਹੇ ਦੁਖੀ ਹੋਵੇ! {ਜੀਵਉ, ਮਰਉ—ਹੁਕਮੀ ਭਵਿੱਖਤ ਅੱਨ ਪੁਰਖ, ਇਕ-ਵਚਨ; ਵੇਖੋ 'ਗੁਰਬਾਣੀ ਵਿਆਕਰਣ'} ।

ਅਰਥ :—(ਸਤੀ) ਇਸਤ੍ਰੀਆਂ ਆਪਣੇ ਖਸਮ ਦੇ ਜੀਉਂਦਿਆਂ ਉਸ ਦੀ ਸੇਵਾ ਕਰਦੀਆਂ ਹਨ, ਪਤੀ ਨੂੰ "ਆਪਣਾ" ਸਮਝਦੀਆਂ ਹਨ ਤਾਂਹੀਏਂ ਸਰੀਰ ਦੇ ਦੁੱਖ ਸਹਿੰਦੀਆਂ ਹਨ । ਪਰ, ਹੇ ਨਾਨਕ! ਜਿਨ੍ਹਾਂ ਨੇ ਖਸਮ ਨੂੰ ਖਸਮ ਨਾਹ ਜਾਤਾ, ਉਹ ਕਿਉਂ ਦੁੱਖ ਸਹਿਣ? ਪਤੀ ਚਾਹੇ ਸੁਖੀ ਹੋਵੇ ਚਾਹੇ ਦੁਖੀ ਹੋਵੇ ਉਹ (ਔਖੇ ਵੇਲੇ) ਨੇੜੇ ਨਹੀਂ ਢੁਕਦੀਆਂ ।੩।

ਪਉੜੀ ॥ ਤੁਧੁ ਦੁਖੁ ਸੁਖੁ ਨਾਲਿ ਉਪਾਇਆ ਲੇਖੁ ਕਰਤੈ ਲਿਖਿਆ ॥ ਨਾਵੈ ਜੇਵਡ ਹੋਰ ਦਾਤਿ ਨਾਹੀ ਤਿਸੁ ਰੂਪੁ ਨ ਰਿਖਿਆ ॥ ਨਾਮੁ ਅਖੁਟੁ ਨਿਧਾਨੁ ਹੈ ਗੁਰਮੁਖਿ ਮਨਿ ਵਸਿਆ ॥ ਕਰਿ ਕਿਰਪਾ ਨਾਮੁ ਦੇਵਸੀ ਫਿਰਿ ਲੇਖੁ ਨ ਲਿਖਿਆ ॥ ਸੇਵਕ ਭਾਇ ਸੇ ਜਨ ਮਿਲੇ ਜਿਨ ਹਰਿ ਜਪੁ ਜਪਿਆ ॥੬॥ {ਪੰਨਾ ੭੮੭}

ਅਰਥ :—ਹੇ ਕਰਤਾਰ! (ਜਗਤ ਵਿਚ ਜੀਵ ਪੈਦਾ ਕਰ ਕੇ) ਦੁੱਖ ਤੇ ਸੁਖ ਭੀ ਤੂੰ ਉਹਨਾਂ ਦੇ ਨਾਲ ਹੀ ਪੈਦਾ ਕਰ ਦਿੱਤੇ, (ਦੁੱਖ ਤੇ ਸੁੱਖ ਦਾ) ਲੇਖ ਭੀ (ਤੂੰ ਉਹਨਾਂ ਦੇ ਮੱਥੇ ਤੇ) ਲਿਖ ਦਿੱਤਾ ।

ਜਿਸ ਪ੍ਰਭੂ ਦਾ ਨਾਹ ਕੋਈ ਖ਼ਾਸ ਰੂਪ ਤੇ ਨਾਹ ਰੇਖ ਹੈ, ਉਸ ਦੇ ਨਾਮ ਦੇ ਬਰਾਬਰ (ਜੀਵਾਂ ਲਈ) ਹੋਰ ਕੋਈ ਬਖ਼ਸ਼ਸ਼ ਨਹੀਂ ਹੈ; 'ਨਾਮ' ਇਕ ਐਸਾ ਖ਼ਜ਼ਾਨਾ ਹੈ ਜੋ ਕਦੇ ਮੁੱਕਦਾ ਨਹੀਂ, ਗੁਰੂ ਦੇ ਸਨਮੁਖ ਹੋਇਆਂ ਇਹ ਮਨ ਵਿਚ ਵੱਸਦਾ ਹੈ । ਜਿਸ ਮਨੁੱਖ ਨੂੰ ਮਿਹਰ ਕਰ ਕੇ ਪ੍ਰਭੂ 'ਨਾਮ' ਦੇਂਦਾ ਹੈ, ਉਸ (ਦੇ ਚੰਗੇ ਮੰਦੇ ਕਰਮਾਂ) ਦਾ ਲੇਖ ਮੁੜ ਨਹੀਂ ਲਿਖਦਾ । ਪਰ, ਉਹੀ ਮਨੁੱਖ ਪ੍ਰਭੂ ਨੂੰ ਮਿਲਦੇ ਹਨ ਜੋ ਸੇਵਕ-ਭਾਵ ਵਿਚ ਰਹਿ ਕੇ ਹਰਿ-ਨਾਮ ਦਾ ਜਾਪ ਜਪਦੇ ਹਨ ।੬।

ਸਲੋਕੁ ਮਃ ੨ ॥ ਜਿਨੀ ਚਲਣੁ ਜਾਣਿਆ ਸੇ ਕਿਉ ਕਰਹਿ ਵਿਥਾਰ ॥ ਚਲਣ ਸਾਰ ਨ ਜਾਣਨੀ ਕਾਜ ਸਵਾਰਣਹਾਰ ॥੧॥ {ਪੰਨਾ ੭੮੭}

ਅਰਥ :—ਉਹ ਮਨੁੱਖ ਦੁਨੀਆ ਦੇ ਬਹੁਤੇ ਖਿਲਾਰੇ ਨਹੀਂ ਖਿਲਾਰਦੇ (ਭਾਵ, ਮਨ ਨੂੰ ਜਗਤ ਦੇ ਧੰਧਿਆਂ ਵਿਚ ਨਹੀਂ ਖਿਲਾਰ ਦੇਂਦੇ) ਜਿਨ੍ਹਾਂ ਇਹ ਸਮਝ ਲਿਆ ਹੈ ਕਿ ਇਥੋਂ ਚਲੇ ਜਾਣਾ ਹੈ; ਪਰ, ਨਿਰੇ ਦੁਨੀਆ ਦੇ ਕੰਮ ਨਿਜਿੱਠਣ ਵਾਲੇ ਬੰਦੇ (ਇਥੋਂ ਆਖ਼ਰ) ਤੁਰ ਜਾਣ ਦਾ ਖ਼ਿਆਲ ਭੀ ਨਹੀਂ ਕਰਦੇ ।੧।

ਮਃ ੨ ॥ ਰਾਤਿ ਕਾਰਣਿ ਧਨੁ ਸੰਚੀਐ ਭਲਕੇ ਚਲਣੁ ਹੋਇ ॥ ਨਾਨਕ ਨਾਲਿ ਨ ਚਲਈ ਫਿਰਿ ਪਛੁਤਾਵਾ ਹੋਇ ॥੨॥ {ਪੰਨਾ ੭੮੭}

ਅਰਥ :—ਹੇ ਨਾਨਕ! ਜੇ ਸਿਰਫ਼ ਰਾਤ ਦੀ ਖ਼ਾਤਰ ਧਨ ਇਕੱਠਾ ਕਰੀਏ ਤੇ ਸਵੇਰੇ (ਉੱਠ ਕੇ ਓਥੋਂ) ਤੁਰ ਪੈਣਾ ਹੋਵੇ, (ਤੁਰਨ ਲੱਗਿਆਂ ਉਹ ਧਨ) ਨਾਲ ਜਾ ਨਾ ਸਕੇ ਤਾਂ ਹੱਥ ਮਲਣੇ ਪੈਂਦੇ ਹਨ ।੨।

ਮਃ ੨ ॥ ਬਧਾ ਚਟੀ ਜੋ ਭਰੇ ਨਾ ਗੁਣੁ ਨਾ ਉਪਕਾਰੁ ॥ ਸੇਤੀ ਖੁਸੀ ਸਵਾਰੀਐ ਨਾਨਕ ਕਾਰਜੁ ਸਾਰੁ ॥੩॥ {ਪੰਨਾ ੭੮੭}

ਪਦ ਅਰਥ :—ਗੁਣੁ—(ਆਪਣੇ ਆਪ ਨੂੰ) ਲਾਭ । ਉਪਕਾਰੁ—(ਕਿਸੇ ਹੋਰ ਨੂੰ) ਲਾਭ । ਸੇਤੀ ਖੁਸੀ—ਖ਼ੁਸ਼ੀ ਨਾਲ । ਸਾਰੁ—ਚੰਗਾ ।

ਅਰਥ :—ਜੋ ਮਨੁੱਖ ਕੋਈ ਕੰਮ ਬੱਧਾ-ਰੁੱਧਾ ਕਰੇ, ਉਸ ਦਾ ਲਾਭ ਨਾਹ ਆਪਣੇ ਆਪ ਨੂੰ ਤੇ ਨਾਹ ਕਿਸੇ ਹੋਰ ਨੂੰ । ਹੇ ਨਾਨਕ! ਉਹੀ ਕੰਮ ਸਿਰੇ ਚੜ੍ਹਿਆ ਜਾਣੋ ਜੋ ਖ਼ੁਸ਼ੀ ਨਾਲ ਕੀਤਾ ਜਾਏ ।੩।

ਮਃ ੨ ॥ ਮਨ ਹਠਿ ਤਰਫ ਨ ਜਿਪਈ ਜੇ ਬਹੁਤਾ ਘਾਲੇ ॥ ਤਰਫ ਜਿਣੈ ਸਤ ਭਾਉ ਦੇ ਜਨ ਨਾਨਕ ਸਬਦੁ ਵੀਚਾਰੇ ॥੪॥ {ਪੰਨਾ ੭੮੭}

ਪਦ ਅਰਥ :—ਹਠਿ—ਹਠ ਨਾਲ । ਜਿਪਈ—ਜਿੱਤਿਆ ਜਾਂਦਾ । ਜਿਣੈ—ਜਿੱਤਦਾ ਹੈ । ਸਤ ਭਾਉ—ਚੰਗੀ ਭਾਵਨਾ, ਨੇਕ ਨੀਅਤ । ਦੇ—ਦੇ ਕੇ । ਤਰਫ—(ਰੱਬ ਵਾਲਾ) ਪਾਸਾ ।

ਅਰਥ :—ਭਾਵੇਂ ਕਿਤਨੀ ਹੀ ਮਿਹਨਤ ਮਨੁੱਖ ਕਰੇ, ਰੱਬ ਵਾਲਾ ਪਾਸਾ ਮਨ ਦੇ ਹਠ ਨਾਲ ਜਿੱਤਿਆ ਨਹੀਂ ਜਾ ਸਕਦਾ; ਹੇ ਦਾਸ ਨਾਨਕ! ਉਹ ਮਨੁੱਖ (ਇਹ) ਪਾਸਾ ਜਿੱਤਦਾ ਹੈ ਜੋ ਸੁਭ ਭਾਵਨਾ ਵਰਤਦਾ ਹੈ ਤੇ ਗੁਰੂ ਦੇ ਸ਼ਬਦ ਨੂੰ ਵੀਚਾਰਦਾ ਹੈ ।੪।

ਪਉੜੀ ॥ ਕਰਤੈ ਕਾਰਣੁ ਜਿਨਿ ਕੀਆ ਸੋ ਜਾਣੈ ਸੋਈ ॥ ਆਪੇ ਸ੍ਰਿਸਟਿ ਉਪਾਈਅਨੁ ਆਪੇ ਫੁਨਿ ਗੋਈ ॥ ਜੁਗ ਚਾਰੇ ਸਭ ਭਵਿ ਥਕੀ ਕਿਨਿ ਕੀਮਤਿ ਹੋਈ ॥ ਸਤਿਗੁਰਿ ਏਕੁ ਵਿਖਾਲਿਆ ਮਨਿ ਤਨਿ ਸੁਖੁ ਹੋਈ ॥ ਗੁਰਮੁਖਿ ਸਦਾ ਸਲਾਹੀਐ ਕਰਤਾ ਕਰੇ ਸੁ ਹੋਈ ॥੭॥ {ਪੰਨਾ ੭੮੭-੭੮੮}

ਪਦ ਅਰਥ :—ਕਾਰਣੁ—ਜਗਤ । ਗੋਈ—ਨਾਸ ਕੀਤੀ । ਫੁਨਿ—ਫਿਰ, ਮੁੜ । ਜੁਗ ਚਾਰੇ—ਚਹੁ ਜੁਗਾਂ ਵਿਚ । ਭਵਿ—ਭਉਂ ਕੇ । ਕਿਨਿ—ਕਿਸ ਪਾਸੋਂ?

ਅਰਥ :—ਜਿਸ ਕਰਤਾਰ ਨੇ ਇਹ ਜਗਤ ਬਣਾਇਆ ਹੈ ਇਸ ਦੀ ਸੰਭਾਲ ਕਰਨੀ ਉਹ ਆਪ ਹੀ ਜਾਣਦਾ ਹੈ; ਉਸ ਨੇ ਆਪ ਹੀ ਸ੍ਰਿਸ਼ਟੀ ਪੈਦਾ ਕੀਤੀ ਹੈ ਤੇ ਆਪ ਹੀ ਮੁੜ ਨਾਸ ਕਰਦਾ ਹੈ । ਜਦੋਂ ਤੋਂ ਜਗਤ ਬਣਿਆ ਹੈ ਉਸ ਸਮੇ ਤੋਂ ਲੈ ਕੇ ਹੁਣ ਤਕ ਧਿਆਨ ਮਾਰ ਕੇ ਵੇਖਿਆ ਹੈ ਕਿਸੇ ਜੀਵ ਪਾਸੋਂ ਪ੍ਰਭੂ ਦੀ ਬਜ਼ੁਰਗੀ ਦਾ ਮੁੱਲ ਨਹੀਂ ਪੈ ਸਕਿਆ ।

ਜਿਸ ਮਨੁੱਖ ਨੂੰ ਗੁਰੂ ਨੇ ਉਹ ਇੱਕ ਪ੍ਰਭੂ ਵਿਖਾ ਦਿੱਤਾ ਹੈ ਉਸ ਦੇ ਮਨ ਵਿਚ ਉਸ ਦੇ ਤਨ ਵਿਚ ਸੁਖ ਹੁੰਦਾ ਹੈ; ਜੋ ਕਰਤਾਰ ਸਭ ਕੁਝ ਕਰਨ ਦੇ ਆਪ ਸਮਰੱਥ ਹੈ ਉਸ ਦੀ ਗੁਰੂ ਦੀ ਰਾਹੀਂ ਹੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ ।੭।

ਸਲੋਕ ਮਹਲਾ ੨ ॥ ਜਿਨਾ ਭਉ ਤਿਨ੍ ਨਾਹਿ ਭਉ ਮੁਚੁ ਭਉ ਨਿਭਵਿਆਹ ॥ ਨਾਨਕ ਏਹੁ ਪਟੰਤਰਾ ਤਿਤੁ ਦੀਬਾਣਿ ਗਇਆਹ ॥੧॥ {ਪੰਨਾ ੭੮੮}

ਪਦ ਅਰਥ :—ਮੁਚੁ—ਬਹੁਤਾ । ਪਟੰਤਰਾ—ਨਿਰਣਾ, ਨਿਬੇੜਾ । ਦੀਬਾਣਿ—ਦੀਵਾਨ ਵਿਚ, ਹਜ਼ੂਰੀ ਵਿਚ । ਤਿਤੁ ਦੀਬਾਣਿ—ਉਸ (ਰੱਬੀ) ਹਜ਼ੂਰੀ ਵਿਚ ।

ਅਰਥ :—ਜਿਨ੍ਹਾਂ ਮਨੁੱਖਾਂ ਨੂੰ (ਰੱਬ ਦਾ) ਡਰ ਹੈ ਉਹਨਾਂ ਨੂੰ (ਦੁਨੀਆ ਵਾਲਾ ਕੋਈ) ਡਰ ਨਹੀਂ (ਮਾਰਦਾ), (ਰੱਬ ਵਲੋਂ) ਨਿਡਰਾਂ ਨੂੰ (ਦੁਨੀਆ ਦਾ) ਬਹੁਤ ਡਰ ਵਿਆਪਦਾ ਹੈ । ਹੇ ਨਾਨਕ! ਇਹ ਨਿਰਣਾ ਤਦੋਂ ਹੁੰਦਾ ਹੈ ਜਦੋਂ ਮਨੁੱਖ ਉਸ (ਰੱਬੀ) ਹਜ਼ੂਰੀ ਵਿਚ ਅੱਪੜੇ (ਭਾਵ, ਜਦੋਂ ਪ੍ਰਭੂ ਦੇ ਚਰਨਾਂ ਵਿਚ ਜੁੜੇ) ।੧।

ਮਃ ੨ ॥ ਤੁਰਦੇ ਕਉ ਤੁਰਦਾ ਮਿਲੈ ਉਡਤੇ ਕਉ ਉਡਤਾ ॥ ਜੀਵਤੇ ਕਉ ਜੀਵਤਾ ਮਿਲੈ ਮੂਏ ਕਉ ਮੂਆ ॥ ਨਾਨਕ ਸੋ ਸਾਲਾਹੀਐ ਜਿਨਿ ਕਾਰਣੁ ਕੀਆ ॥੨॥ {ਪੰਨਾ ੭੮੮}

ਪਦ ਅਰਥ :—ਜੀਵਤਾ—ਜੀਉਂਦੇ ਦਿਲ ਵਾਲਾ, ਜ਼ਿੰਦਾ-ਦਿਲ । ਮੂਆ—ਮੁਰਦਲ, ਮੁਰਦਾ-ਦਿਲ । ਜਿਨਿ—ਜਿਸ (ਪ੍ਰਭੂ) ਨੇ । ਉਡਤਾ—ਉੱਡਣ ਵਾਲਾ, ਪੰਛੀ । ਮਿਲੈ—ਸਾਥ ਕਰਦਾ ਹੈ ।

ਅਰਥ :—(ਕੀੜੀ ਤੋਂ ਲੈ ਕੇ ਹਾਥੀ ਤੇ ਮਨੁੱਖ ਤਕ) ਤੁਰਨ ਵਾਲੇ ਨਾਲ ਤੁਰਨ ਵਾਲਾ ਸਾਥ ਕਰਦਾ ਹੈ ਤੇ ਉੱਡਣ ਵਾਲੇ (ਭਾਵ, ਪੰਛੀ) ਨਾਲ ਉੱਡਣ ਵਾਲਾ । ਜ਼ਿੰਦਾ-ਦਿਲ ਨੂੰ ਜ਼ਿੰਦਾ-ਦਿਲ ਮਨੁੱਖ ਆ ਮਿਲਦਾ ਹੈ ਤੇ ਮੁਰਦਾ-ਦਿਲ ਨੂੰ ਮੁਰਦਾ-ਦਿਲ, (ਭਾਵ, ਹਰੇਕ ਜੀਵ ਆਪੋ ਆਪਣੇ ਸੁਭਾਵ ਵਾਲੇ ਨਾਲ ਹੀ ਸੰਗ ਕਰਨਾ ਪਸੰਦ ਕਰਦਾ ਹੈ) ।

ਹੇ ਨਾਨਕ! (ਜੀਵ ਭੀ ਰੱਬੀ ਅਸਲੇ ਵਾਲਾ ਹੈ, ਸੋ, ਇਸ ਨੂੰ) ਚਾਹੀਦਾ ਹੈ ਕਿ ਜਿਸ ਪ੍ਰਭੂ ਨੇ ਇਹ ਜਗਤ ਰਚਿਆ ਹੈ ਉਸ ਦੀ ਸਿਫ਼ਤਿ-ਸਾਲਾਹ ਕਰੇ (ਭਾਵ, ਉਸ ਨਾਲ ਮਨ ਜੋੜੇ) ।੨।

ਪਉੜੀ ॥ ਸਚੁ ਧਿਆਇਨਿ ਸੇ ਸਚੇ ਗੁਰ ਸਬਦਿ ਵੀਚਾਰੀ ॥ ਹਉਮੈ ਮਾਰਿ ਮਨੁ ਨਿਰਮਲਾ ਹਰਿ ਨਾਮੁ ਉਰਿ ਧਾਰੀ ॥ ਕੋਠੇ ਮੰਡਪ ਮਾੜੀਆ ਲਗਿ ਪਏ ਗਾਵਾਰੀ ॥ ਜਿਨ੍ਹਿ ਕੀਏ ਤਿਸਹਿ ਨ ਜਾਣਨੀ ਮਨਮੁਖਿ ਗੁਬਾਰੀ ॥ ਜਿਸੁ ਬੁਝਾਇਹਿ ਸੋ ਬੁਝਸੀ ਸਚਿਆ ਕਿਆ ਜੰਤ ਵਿਚਾਰੀ ॥੮॥ {ਪੰਨਾ ੭੮੮}

ਪਦ ਅਰਥ :—ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਸਬਦਿ—ਸਬਦ ਦੀ ਰਾਹੀਂ । ਉਰਿ—ਹਿਰਦੇ ਵਿਚ । ਮੰਡਪ—ਵੱਡੇ ਕਮਰੇ । ਮਾੜੀਆ—ਮਹਲ । ਗੁਬਾਰੀ—ਹਨੇਰੇ ਵਿਚ ।

ਅਰਥ :—ਗੁਰੂ ਦੇ ਸਬਦ ਦੀ ਰਾਹੀਂ ਉੱਚੀ ਵਿਚਾਰ ਵਾਲੇ ਹੋ ਕੇ ਜੋ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ ਉਹ ਭੀ ਉਸ ਦਾ ਰੂਪ ਹੋ ਜਾਂਦੇ ਹਨ; ਪ੍ਰਭੂ ਦਾ ਨਾਮ ਹਿਰਦੇ ਵਿਚ ਰੱਖ ਕੇ ਤੇ ਹਉਮੈ ਮਾਰ ਕੇ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ ।

ਪਰ ਮੂਰਖ ਮਨੁੱਖ ਘਰਾਂ ਮਹਲ ਮਾੜੀਆਂ (ਦੇ ਮੋਹ) ਵਿਚ ਲੱਗ ਪੈਂਦੇ ਹਨ, ਮਨਮੁਖ (ਮੋਹ ਦੇ) ਘੁੱਪ ਹਨੇਰੇ ਵਿਚ ਫਸ ਕੇ ਉਸ ਨੂੰ ਪਛਾਣਦੇ ਹੀ ਨਹੀਂ ਜਿਸ ਨੇ ਪੈਦਾ ਕੀਤਾ ਹੈ ।

ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਜੀਵ ਵਿਚਾਰੇ ਕੀਹ ਹਨ? ਤੂੰ ਜਿਸ ਨੂੰ ਸਮਝ ਬਖ਼ਸ਼ਦਾ ਹੈਂ ਉਹੀ ਸਮਝਦਾ ਹੈ ।੮।

ਸਲੋਕ ਮਃ ੩ ॥ ਕਾਮਣਿ ਤਉ ਸੀਗਾਰੁ ਕਰਿ ਜਾ ਪਹਿਲਾਂ ਕੰਤੁ ਮਨਾਇ ॥ ਮਤੁ ਸੇਜੈ ਕੰਤੁ ਨ ਆਵਈ ਏਵੈ ਬਿਰਥਾ ਜਾਇ ॥ ਕਾਮਣਿ ਪਿਰ ਮਨੁ ਮਾਨਿਆ ਤਉ ਬਣਿਆ ਸੀਗਾਰੁ ॥ ਕੀਆ ਤਉ ਪਰਵਾਣੁ ਹੈ ਜਾ ਸਹੁ ਧਰੇ ਪਿਆਰੁ ॥ ਭਉ ਸੀਗਾਰੁ ਤਬੋਲ ਰਸੁ ਭੋਜਨੁ ਭਾਉ ਕਰੇਇ ॥ ਤਨੁ ਮਨੁ ਸਉਪੇ ਕੰਤ ਕਉ ਤਉ ਨਾਨਕ ਭੋਗੁ ਕਰੇਇ ॥੧॥ {ਪੰਨਾ ੭੮੮}

ਪਦ ਅਰਥ :—ਕਾਮਣਿ—ਹੇ ਇਸਤ੍ਰੀ! ਤਉ—ਤਦੋਂ । ਮਤੁ—ਮਤਾ । ਬਿਰਥਾ—ਵਿਅਰਥ । ਪਿਰ ਮਨੁ—ਖਸਮ ਦਾ ਮਨ । ਕੀਆ—(ਸਿੰਗਾਰ) ਕੀਤਾ ਹੋਇਆ । ਤਬੋਲ—ਪਾਨ । ਭਾਉ—ਪਿਆਰ ।

ਅਰਥ :—ਹੇ ਇਸਤ੍ਰੀ! ਤਦੋਂ ਸਿੰਗਾਰ ਬਣਾ ਜਦੋਂ ਪਹਿਲਾਂ ਖਸਮ ਨੂੰ ਪ੍ਰਸੰਨ ਕਰ ਲਏਂ, (ਨਹੀਂ ਤਾਂ) ਮਤਾਂ ਖਸਮ ਸੇਜ ਤੇ ਆਵੇ ਹੀ ਨਾਹ ਤੇ ਸਿੰਗਾਰ ਐਵੇਂ ਵਿਅਰਥ ਹੀ ਚਲਾ ਜਾਏ । ਹੇ ਇਸਤ੍ਰੀ! ਜੇ ਖਸਮ ਦਾ ਮਨ ਮੰਨ ਜਾਏ ਤਾਂ ਹੀ ਸਿੰਗਾਰ ਬਣਿਆ ਸਮਝ, ਇਸਤ੍ਰੀ ਦਾ ਸਿੰਗਾਰ ਕੀਤਾ ਹੋਇਆ ਤਾਂ ਹੀ ਕਬੂਲ ਹੈ ਜੇ ਖਸਮ ਉਸ ਨੂੰ ਪਿਆਰ ਕਰੇ ।

ਹੇ ਨਾਨਕ! ਜੇ ਜੀਵ-ਇਸਤ੍ਰੀ ਪ੍ਰਭੂ ਦੇ ਡਰ (ਵਿਚ ਰਹਿਣ) ਨੂੰ ਸਿੰਗਾਰ ਤੇ ਪਾਨ ਦਾ ਰਸ ਬਣਾਂਦੀ ਹੈ, ਪ੍ਰਭੂ ਦੇ ਪਿਆਰ ਨੂੰ ਭੋਜਨ (ਭਾਵ, ਜ਼ਿੰਦਗੀ ਦਾ ਆਧਾਰ) ਬਣਾਂਦੀ ਹੈ, ਤੇ ਆਪਣਾ ਤਨ ਮਨ ਖਸਮ-ਪ੍ਰਭੂ ਦੇ ਹਵਾਲੇ ਕਰ ਦੇਂਦੀ ਹੈ (ਭਾਵ, ਪੂਰਨ ਤੌਰ ਤੇ ਪ੍ਰਭੂ ਦੀ ਰਜ਼ਾ ਵਿਚ ਤੁਰਦੀ ਹੈ) ਉਸ ਨੂੰ ਖਸਮ-ਪ੍ਰਭੂ ਮਿਲਦਾ ਹੈ ।੧।

ਮਃ ੩ ॥ ਕਾਜਲ ਫੂਲ ਤੰਬੋਲ ਰਸੁ ਲੇ ਧਨ ਕੀਆ ਸੀਗਾਰੁ ॥ ਸੇਜੈ ਕੰਤੁ ਨ ਆਇਓ ਏਵੈ ਭਇਆ ਵਿਕਾਰੁ ॥੨॥ {ਪੰਨਾ ੭੮੮}

ਪਦ ਅਰਥ :—ਕਾਜਲ—ਸੁਰਮਾ । ਧਨ—ਇਸਤ੍ਰੀ ਨੇ । ਵਿਕਾਰੁ—ਮੰਦਾ ਕੰਮ । ਏਵੈ—ਐਵੇਂ, ਸਗੋਂ ।

ਅਰਥ :—ਇਸਤ੍ਰੀ ਨੇ ਸੁਰਮਾ, ਫੁੱਲ ਤੇ ਪਾਨਾਂ ਦਾ ਰਸ ਲੈ ਕੇ ਸਿੰਗਾਰ ਕੀਤਾ, (ਪਰ ਜੇ) ਖਸਮ ਸੇਜ ਤੇ ਨਾਹ ਆਇਆ ਤਾਂ ਇਹ ਸਿੰਗਾਰ ਸਗੋਂ ਵਿਕਾਰ ਬਣ ਗਿਆ (ਕਿਉਂਕਿ ਵਿਛੋੜੇ ਦੇ ਕਾਰਣ ਇਹ ਦੁਖਦਾਈ ਹੋ ਗਿਆ) ।੨।

ਮਃ ੩ ॥ ਧਨ ਪਿਰੁ ਏਹਿ ਨ ਆਖੀਅਨਿ ਬਹਨਿ ਇਕਠੇ ਹੋਇ ॥ ਏਕ ਜੋਤਿ ਦੁਇ ਮੂਰਤੀ ਧਨ ਪਿਰੁ ਕਹੀਐ ਸੋਇ ॥੩॥ {ਪੰਨਾ ੭੮੮}

ਪਦ ਅਰਥ :—ਏਹਿ—{ਲਫ਼ਜ਼ 'ਏਹ' ਤੋਂ 'ਬਹੁ-ਵਚਨ' ਹੈ, 'ਇਕ-ਵਚਨ' "ਏਹੁ" ਹੈ} । ਮੂਰਤੀ—ਜਿਸਮ ।

ਅਰਥ :—ਜੋ (ਸਿਰਫ਼ ਸਰੀਰਕ ਤੌਰ ਤੇ) ਰਲ ਕੇ ਬਹਿਣ ਉਹਨਾਂ ਨੂੰ ਅਸਲ ਇਸਤ੍ਰੀ ਖਸਮ ਨਹੀਂ ਆਖੀਦਾ; ਜਿਨ੍ਹਾਂ ਦੇ ਦੋਹਾਂ ਜਿਸਮਾਂ ਵਿਚ ਇੱਕੋ ਆਤਮਾ ਹੋ ਜਾਏ ਉਹ ਹੈ ਇਸਤ੍ਰੀ ਤੇ ਉਹ ਹੈ ਪਤੀ ।੩।

ਪਉੜੀ ॥ ਭੈ ਬਿਨੁ ਭਗਤਿ ਨ ਹੋਵਈ ਨਾਮਿ ਨ ਲਗੈ ਪਿਆਰੁ ॥ ਸਤਿਗੁਰਿ ਮਿਲਿਐ ਭਉ ਊਪਜੈ ਭੈ ਭਾਇ ਰੰਗੁ ਸਵਾਰਿ ॥ ਤਨੁ ਮਨੁ ਰਤਾ ਰੰਗ ਸਿਉ ਹਉਮੈ ਤ੍ਰਿਸਨਾ ਮਾਰਿ ॥ ਮਨੁ ਤਨੁ ਨਿਰਮਲੁ ਅਤਿ ਸੋਹਣਾ ਭੇਟਿਆ ਕ੍ਰਿਸਨ ਮੁਰਾਰਿ ॥ ਭਉ ਭਾਉ ਸਭੁ ਤਿਸ ਦਾ ਸੋ ਸਚੁ ਵਰਤੈ ਸੰਸਾਰਿ ॥੯॥ {ਪੰਨਾ ੭੮੮}

ਪਦ ਅਰਥ :—ਨਾਮਿ—ਨਾਮ ਵਿਚ । ਭਾਇ—ਭਾਉ ਦੀ ਰਾਹੀਂ, 'ਪ੍ਰੇਮ' ਨਾਲ । ਭੇਟਿਆ—ਮਿਲਿਆ । ਮੁਰਾਰੀ—{ਮੁਰ+ਅਰਿ} 'ਮੁਰ' ਦੈਂਤ ਦਾ ਵੈਰੀ, ਕ੍ਰਿਸ਼ਨ, ਭਾਵ, ਪ੍ਰਭੂ ।

ਅਰਥ :—ਪ੍ਰਭੂ ਦੇ ਡਰ (ਵਿਚ ਰਹਿਣ) ਤੋਂ ਬਿਨਾ ਉਸ ਦੀ ਭਗਤੀ ਨਹੀਂ ਹੋ ਸਕਦੀ ਤੇ ਉਸ ਦੇ ਨਾਮ ਵਿਚ ਪਿਆਰ ਨਹੀਂ ਬਣ ਸਕਦਾ (ਭਾਵ, ਉਸ ਦਾ ਨਾਮ ਪਿਆਰਾ ਨਹੀਂ ਲੱਗ ਸਕਦਾ); ਇਹ ਡਰ ਤਾਂ ਹੀ ਪੈਦਾ ਹੁੰਦਾ ਹੈ ਜੇ ਗੁਰੂ ਮਿਲੇ, (ਇਸ ਤਰ੍ਹਾਂ) ਡਰ ਦੀ ਰਾਹੀਂ ਤੇ ਪਿਆਰ ਦੀ ਰਾਹੀਂ (ਭਗਤੀ ਦਾ) ਰੰਗ ਸੋਹਣਾ ਚੜ੍ਹਦਾ ਹੈ ।

(ਪ੍ਰਭੂ ਦੇ ਡਰ ਤੇ ਪਿਆਰ ਦੀ ਸਹੈਤਾ ਨਾਲ) ਹਉਮੈ ਤੇ ਤ੍ਰਿਸ਼ਨਾ ਨੂੰ ਮਾਰ ਕੇ ਮਨੁੱਖ ਦਾ ਮਨ ਤੇ ਸਰੀਰ (ਪ੍ਰਭੂ ਦੀ ਭਗਤੀ ਦੇ) ਰੰਗ ਨਾਲ ਰੰਗੇ ਜਾਂਦੇ ਹਨ; ਪ੍ਰਭੂ ਨੂੰ ਮਿਲਿਆਂ ਮਨ ਤੇ ਸਰੀਰ ਪਵਿਤ੍ਰ ਤੇ ਸੁੰਦਰ ਹੋ ਜਾਂਦੇ ਹਨ ।

ਇਹ ਡਰ ਤੇ ਪ੍ਰੇਮ ਸਭ ਕੁਝ ਜਿਸ ਪ੍ਰਭੂ ਦਾ (ਬਖ਼ਸ਼ਿਆ ਮਿਲਦਾ) ਹੈ ਉਹ ਆਪ ਜਗਤ ਵਿਚ (ਹਰ ਥਾਂ) ਮੌਜੂਦ ਹੈ ।੯।

ਸਲੋਕ ਮਃ ੧ ॥ ਵਾਹੁ ਖਸਮ ਤੂ ਵਾਹੁ ਜਿਨਿ ਰਚਿ ਰਚਨਾ ਹਮ ਕੀਏ ॥ ਸਾਗਰ ਲਹਰਿ ਸਮੁੰਦ ਸਰ ਵੇਲਿ ਵਰਸ ਵਰਾਹੁ ॥ ਆਪਿ ਖੜੋਵਹਿ ਆਪਿ ਕਰਿ ਆਪੀਣੈ ਆਪਾਹੁ ॥ ਗੁਰਮੁਖਿ ਸੇਵਾ ਥਾਇ ਪਵੈ ਉਨਮਨਿ ਤਤੁ ਕਮਾਹੁ ॥ ਮਸਕਤਿ ਲਹਹੁ ਮਜੂਰੀਆ ਮੰਗਿ ਮੰਗਿ ਖਸਮ ਦਰਾਹੁ ॥ ਨਾਨਕ ਪੁਰ ਦਰ ਵੇਪਰਵਾਹ ਤਉ ਦਰਿ ਊਣਾ ਨਾਹਿ ਕੋ ਸਚਾ ਵੇਪਰਵਾਹੁ ॥੧॥ {ਪੰਨਾ ੭੮੮}

ਪਦ ਅਰਥ :—ਵਾਹੁ—ਧੰਨ, ਅਸਚਰਜ । ਹਮ ਕੀਏ—ਅਸਾਨੂੰ ਬਣਾਇਆ । ਵੇਲਿ—(ਹਰੀ) ਵੇਲ । ਵਰਸ—ਵਰਖਾ । ਵਰਾਹੁ—ਬੱਦਲ । ਆਪੀਣੈ—

ਆਪ ਹੀ ਨੈ, ਤੂੰ ਆਪ ਹੀ । ਆਪਾਹੁ—ਨਿਰਲੇਪ, ਪਾਹ ਤੋਂ ਬਿਨਾ । ਉਨਮਨਿ—ਉਨਮਨ ਵਿਚ, ਉਤਸ਼ਾਹ ਨਾਲ । ਮਸਕਤਿ—ਮੁਸ਼ੱਕਤਿ, ਮਿਹਨਤ ਕਰ ਕੇ । ਦਰਾਹੁ—ਦਰ ਤੋਂ । ਪੁਰ—ਭਰੇ ਹੋਏ । ਵੇਪਰਵਾਹ—ਹੇ ਵੇਪਰਵਾਹ ਪ੍ਰਭੂ! ਦਰਿ—ਦਰ ਤੇ । ਊਣਾ—ਸੱਖਣਾ ।

ਅਰਥ :—ਹੇ ਖਸਮ! ਤੂੰ ਧੰਨ ਹੈਂ! ਤੂੰ ਧੰਨ ਹੈਂ! ਜਿਸ ਜਗਤ-ਰਚਨਾ ਰਚ ਕੇ ਅਸਾਨੂੰ (ਜੀਵਾਂ ਨੂੰ) ਪੈਦਾ ਕੀਤਾ । ਸਮੁੰਦਰ, ਸਮੁੰਦਰ ਦੀਆਂ ਲਹਿਰਾਂ, ਤਲਾਬ, ਹਰੀਆਂ ਵੇਲਾਂ, ਵਰਖਾ ਕਰਨ ਵਾਲੇ ਬੱਦਲ—(ਇਹ ਸਾਰੀ ਰਚਨਾ ਕਰਨ ਵਾਲਾ ਤੂੰ ਹੀ ਹੈਂ) ।

ਤੂੰ ਆਪ ਹੀ ਸਭ ਨੂੰ ਪੈਦਾ ਕਰਕੇ ਸਭ ਵਿਚ ਆਪ ਵਿਆਪਕ ਹੈਂ ਤੇ (ਨਿਰਲੇਪ ਭੀ ਹੈਂ) ਉਤਸ਼ਾਹ ਨਾਲ ਤੇਰੇ ਨਾਮ ਦੀ ਕਮਾਈ ਕਰ ਕੇ ਗੁਰਮੁਖਾਂ ਦੀ ਮਿਹਨਤ (ਤੇਰੇ ਦਰ ਤੇ) ਕਬੂਲ ਪੈਂਦੀ ਹੈ, ਉਹ ਬੰਦਗੀ ਦੀ ਘਾਲ ਘਾਲ ਕੇ, ਹੇ ਖਸਮ! ਤੇਰੇ ਦਰ ਤੋਂ ਮੰਗ ਮੰਗ ਕੇ ਮਜੂਰੀ ਲੈਂਦੇ ਹਨ ।

ਹੇ ਨਾਨਕ! (ਆਖ—) ਹੇ ਵੇਪਰਵਾਹ ਪ੍ਰਭੂ! ਤੇਰੇ ਦਰ (ਬਰਕਤਾਂ ਨਾਲ) ਭਰੇ ਹੋਏ ਹਨ, ਕੋਈ ਜੀਵ ਤੇਰੇ ਦਰ ਤੇ (ਆ ਕੇ) ਖ਼ਾਲੀ ਨਹੀਂ ਗਿਆ, ਤੂੰ ਸਦਾ ਕਾਇਮ ਰਹਿਣ ਵਾਲਾ ਤੇ ਬੇ-ਮੁਥਾਜ ਹੈਂ ।੧।

ਮਹਲਾ ੧ ॥ ਉਜਲ ਮੋਤੀ ਸੋਹਣੇ ਰਤਨਾ ਨਾਲਿ ਜੁੜੰਨਿ ॥ ਤਿਨ ਜਰੁ ਵੈਰੀ ਨਾਨਕਾ ਜਿ ਬੁਢੇ ਥੀਇ ਮਰੰਨਿ ॥੨॥ {ਪੰਨਾ ੭੮੮}

ਪਦ ਅਰਥ :—ਉਜਲ—ਚਿੱਟੇ, ਸਾਫ਼ । ਮੋਤੀ—ਭਾਵ, ਦੰਦ । ਰਤਨੁ—ਭਾਵ, ਅੱਖਾਂ । ਜਰੁ—ਬੁਢੇਪਾ । ਥੀਇ—ਹੋ ਕੇ । ਤਿਨ—ਉਹਨਾਂ (ਸਰੀਰਾਂ) ਦਾ । ਜੁੜੰਨਿ—ਸੋਭ ਰਹੇ ਹਨ ।

ਅਰਥ :—ਜੋ ਸਰੀਰ ਸੋਹਣੇ ਚਿੱਟੇ ਦੰਦਾਂ ਨਾਲ ਤੇ ਸੋਹਣੇ ਨੈਣਾਂ ਨਾਲ ਸੋਭ ਰਹੇ ਹਨ, ਹੇ ਨਾਨਕ! ਬੁਢੇਪਾ ਇਹਨਾਂ ਦਾ ਵੈਰੀ ਹੈ, ਕਿਉਂਕਿ ਬੁੱਢੇ ਹੋ ਕੇ ਇਹ ਨਾਸ ਹੋ ਜਾਂਦੇ ਹਨ ।੨।

ਪਉੜੀ ॥ ਹਰਿ ਸਾਲਾਹੀ ਸਦਾ ਸਦਾ ਤਨੁ ਮਨੁ ਸਉਪਿ ਸਰੀਰੁ ॥ ਗੁਰ ਸਬਦੀ ਸਚੁ ਪਾਇਆ ਸਚਾ ਗਹਿਰ ਗੰਭੀਰੁ ॥ ਮਨਿ ਤਨਿ ਹਿਰਦੈ ਰਵਿ ਰਹਿਆ ਹਰਿ ਹੀਰਾ ਹੀਰੁ ॥ ਜਨਮ ਮਰਣ ਕਾ ਦੁਖੁ ਗਇਆ ਫਿਰਿ ਪਵੈ ਨ ਫੀਰੁ ॥ ਨਾਨਕ ਨਾਮੁ ਸਲਾਹਿ ਤੂ ਹਰਿ ਗੁਣੀ ਗਹੀਰੁ ॥੧੦॥ {ਪੰਨਾ ੭੮੯}

ਪਦ ਅਰਥ :—ਸਉਪਿ—ਸੌਂਪ ਕੇ, ਹਵਾਲੇ ਕਰ ਕੇ । ਗਹਿਰ—ਡੂੰਘਾ । ਗੰਭੀਰੁ—ਜਿਗਰੇ ਵਾਲਾ, ਭਾਰਾ-ਗੌਰਾ । ਹੀਰਾ ਹੀਰੁ—ਹੀਰਿਆਂ ਵਿਚੋਂ ਹੀਰਾ, ਸ੍ਰੇਸ਼ਟ ਹੀਰਾ (ਰੂਪ) । ਫੀਰੁ—ਫੇਰਾ । ਗੁਣੀ—ਗੁਣਾਂ ਦਾ ਮਾਲਕ । ਗਹੀਰੁ—ਡੂੰਘਾ, ਜਿਗਰੇ ਵਾਲਾ, ਵੱਡੇ ਦਿਲ ਵਾਲਾ ।

ਅਰਥ :—(ਹੇ ਜੀਵ!) ਤਨ ਮਨ ਸਰੀਰ (ਆਪਣਾ ਆਪ) ਪ੍ਰਭੂ ਦੇ ਹਵਾਲੇ ਕਰ ਕੇ (ਭਾਵ, ਪ੍ਰਭੂ ਦੀ ਪੂਰਨ ਰਜ਼ਾ ਵਿਚ ਰਹਿ ਕੇ) ਸਦਾ ਉਸ ਦੀ ਸਿਫ਼ਤਿ-ਸਾਲਾਹ ਕਰ; (ਜਿਸ ਮਨੁੱਖ ਨੇ) ਗੁਰ-ਸ਼ਬਦ ਦੀ ਰਾਹੀਂ (ਸਿਮਰਿਆ ਹੈ, ਉਸ ਨੂੰ) ਸਦਾ-ਥਿਰ ਰਹਿਣ ਵਾਲਾ, ਡੂੰਘੇ ਵੱਡੇ ਦਿਲ ਵਾਲਾ ਪ੍ਰਭੂ ਮਿਲ ਪੈਂਦਾ ਹੈ, ਉਸ ਦੇ ਮਨ ਵਿਚ ਤਨ ਵਿਚ ਹੀਰਿਆਂ ਦਾ ਹੀਰਾ ਪ੍ਰਭੂ ਸਦਾ ਵੱਸਦਾ ਹੈ; ਉਸ ਦਾ ਜਨਮ ਮਰਨ ਦਾ ਦੁੱਖ ਮਿਟ ਜਾਂਦਾ ਹੈ, ਉਸ ਨੂੰ ਫਿਰ (ਇਸ ਗੇੜ ਵਿਚ) ਚੱਕਰ ਨਹੀਂ ਲਾਣਾ ਪੈਂਦਾ ।

(ਸੋ) ਹੇ ਨਾਨਕ! ਤੂੰ ਭੀ ਉਸ ਪ੍ਰਭੂ ਦਾ ਨਾਮ ਸਿਮਰ ਜੋ ਗੁਣਾਂ ਦਾ ਮਾਲਕ ਹੈ ਤੇ ਵੱਡੇ ਦਿਲ ਵਾਲਾ ਹੈ ।੧੦।

ਸਲੋਕ ਮਃ ੧ ॥ ਨਾਨਕ ਇਹੁ ਤਨੁ ਜਾਲਿ ਜਿਨਿ ਜਲਿਐ ਨਾਮੁ ਵਿਸਾਰਿਆ ॥ ਪਉਦੀ ਜਾਇ ਪਰਾਲਿ ਪਿਛੈ ਹਥੁ ਨ ਅੰਬੜੈ ਤਿਤੁ ਨਿਵੰਧੈ ਤਾਲਿ ॥੧॥ {ਪੰਨਾ ੭੮੯}

ਪਦ ਅਰਥ :—ਤਨੁ—ਸਰੀਰ, ਸਰੀਰ ਦਾ ਮੋਹ, ਦੇਹ-ਅਧਿਆਸ । ਜਿਨਿ—ਜਿਸ (ਸਰੀਰ) ਨੇ । ਜਲਿਐ—(ਤ੍ਰਿਸ਼ਨਾ-ਅੱਗ ਵਿਚ) ਸੜੇ ਹੋਏ ਨੇ । ਪਰਾਲਿ—ਪਰਾਲੀ, ਪਾਪਾਂ ਦੀ ਪਰਾਲੀ । ਨਿਵੰਧੈ ਤਾਲਿ—ਨੀਵੇਂ ਤਲਾਬ ਵਿਚ, ਗਿਰਾਵਟ ਵਿਚ ਆਏ ਹੋਏ ਹਿਰਦੇ ਵਿਚ । ਅੰਬੜੈ—ਅੱਪੜਦਾ । ਪਉਦੀ ਜਾਇ—ਪੈਂਦੀ ਜਾਂਦੀ ਹੈ । ਤਿਤੁ—ਇਸ ਵਿਚ ।

ਅਰਥ :—ਹੇ ਨਾਨਕ! (ਤ੍ਰਿਸ਼ਨਾ-ਅੱਗ ਵਿਚ) ਸੜੇ ਹੋਏ ਇਸ ਸਰੀਰ ਨੇ ਪ੍ਰਭੂ ਦਾ 'ਨਾਮ' ਵਿਸਾਰ ਦਿੱਤਾ ਹੈ, ਸੋ, ਸਰੀਰ ਦੇ ਮੋਹ ਨੂੰ ਮੁਕਾ ਦੇਹ । (ਤ੍ਰਿਸ਼ਨਾ ਦੇ ਕਾਰਣ) ਗਿਰਾਵਟ ਵਿਚ ਆਏ ਇਸ ਹਿਰਦੇ-ਤਲਾਬ ਵਿਚ (ਪਾਪਾਂ ਦੀ) ਪਰਾਲੀ ਇਕੱਠੀ ਹੋ ਰਹੀ ਹੈ (ਇਸ ਨੂੰ ਕੱਢਣ ਲਈ) ਫਿਰ ਪੇਸ਼ ਨਹੀਂ ਜਾਇਗੀ ।੧।

ਮਃ ੧ ॥ ਨਾਨਕ ਮਨ ਕੇ ਕੰਮ ਫਿਟਿਆ ਗਣਤ ਨ ਆਵਹੀ ॥ ਕਿਤੀ ਲਹਾ ਸਹੰਮ ਜਾ ਬਖਸੇ ਤਾ ਧਕਾ ਨਹੀ ॥੨॥ {ਪੰਨਾ ੭੮੯}

ਪਦ ਅਰਥ :—ਫਿਟਿਆ—ਫਿਟਕਾਰ-ਜੋਗ, ਮੰਦੇ । ਸਹੰਮ—ਸਹਿਮ, ਫ਼ਿਕਰ । ਕਿਤੀ—ਕਿਤਨੇ । ਲਹਾ—ਮੈਂ ਸਹਾਂਗਾ ।

ਅਰਥ :—ਹੇ ਨਾਨਕ! ਮੇਰੇ ਮਨ ਦੇ ਤਾਂ ਇਤਨੇ ਮੰਦੇ ਕੰਮ ਹਨ ਕਿ ਗਿਣੇ ਨਹੀਂ ਜਾ ਸਕਦੇ, (ਇਹਨਾਂ ਦੇ ਕਾਰਣ) ਮੈਨੂੰ ਸਹਿਮ ਭੀ ਬੜੇ ਸਹਾਰਨੇ ਪੈ ਰਹੇ ਹਨ, ਜਦੋਂ ਪ੍ਰਭੂ ਆਪ ਬਖ਼ਸ਼ਦਾ ਹੈ ਤਾਂ (ਉਸ ਦੀ ਹਜ਼ੂਰੀ ਵਿਚੋਂ) ਧੱਕਾ ਨਹੀਂ ਮਿਲਦਾ ।੨।

ਪਉੜੀ ॥ ਸਚਾ ਅਮਰੁ ਚਲਾਇਓਨੁ ਕਰਿ ਸਚੁ ਫੁਰਮਾਣੁ ॥ ਸਦਾ ਨਿਹਚਲੁ ਰਵਿ ਰਹਿਆ ਸੋ ਪੁਰਖੁ ਸੁਜਾਣੁ ॥ ਗੁਰ ਪਰਸਾਦੀ ਸੇਵੀਐ ਸਚੁ ਸਬਦਿ ਨੀਸਾਣੁ ॥ ਪੂਰਾ ਥਾਟੁ ਬਣਾਇਆ ਰੰਗੁ ਗੁਰਮਤਿ ਮਾਣੁ ॥ ਅਗਮ ਅਗੋਚਰੁ ਅਲਖੁ ਹੈ ਗੁਰਮੁਖਿ ਹਰਿ ਜਾਣੁ ॥੧੧॥ {ਪੰਨਾ ੭੮੯}

ਪਦ ਅਰਥ :—ਸਚੁ ਫੁਰਮਾਣੁ—ਨਾਮ ਸਿਮਰਨ-ਰੂਪ ਹੁਕਮ । ਸਚਾ—ਅਟੱਲ । ਸੁਜਾਣੁ—ਸਿਆਣਾ । ਨੀਸਾਣੁ—ਨਿਸ਼ਾਨਾ, ਜੀਵਨ ਦਾ ਆਦਰਸ਼ । ਥਾਟੁ—ਬਣਤਰ, ਸਿਮਰਨ-ਰੂਪ ਬਣਤਰ ।

ਅਰਥ :—ਨਾਮ ਸਿਮਰਨ ਦਾ ਨੇਮ ਬਣਾ ਕੇ ਪ੍ਰਭੂ ਨੇ ਇਹ ਅਟੱਲ ਹੁਕਮ ਚਲਾ ਦਿੱਤਾ ਹੈ । ਉਹ ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ (ਹਰੇਕ ਦੀ ਭਲਾਈ ਨੂੰ) ਚੰਗੀ ਤਰ੍ਹਾਂ ਜਾਣਨ ਵਾਲਾ ਹੈ, ਸਦਾ ਕਾਇਮ ਰਹਿਣ ਵਾਲਾ ਹੈ ਤੇ ਹਰ ਥਾਂ ਮੌਜੂਦ ਹੈ ।

ਗੁਰੂ ਦੇ ਸਬਦ ਦੀ ਰਾਹੀਂ ਪ੍ਰਭ-ਸਿਮਰਨ-ਰੂਪ ਜੀਵਨ-ਆਦਰਸ਼ ਮਿਲਦਾ ਹੈ, ਸੋ, ਗੁਰੂ ਦੀ ਮਿਹਰ ਪ੍ਰਾਪਤ ਕਰ ਕੇ ਸਿਮਰਨ ਕਰੀਏ; ਪ੍ਰਭੂ ਨੇ ਸਿਮਰਨ ਦੀ ਬਣਤਰ ਐਸੀ ਬਣਾਈ ਹੈ ਜੋ ਮੁਕੰਮਲ ਹੈ (ਜਿਸ ਵਿਚ ਕੋਈ ਊਣਤਾ ਨਹੀਂ); (ਹੇ ਜੀਵ!) ਗੁਰੂ ਦੀ ਸਿੱਖਿਆ ਤੇ ਤੁਰ ਕੇ ਸਿਮਰਨ ਦਾ ਰੰਗ ਮਾਣ ।

ਪ੍ਰਭੂ ਹੈ ਤਾਂ ਅਪਹੁੰਚ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਤੇ ਅਦ੍ਰਿਸ਼ਟ; ਪਰ ਗੁਰੂ ਦੇ ਸਨਮੁਖ ਹੋਇਆਂ ਉਸ ਦੀ ਸੂਝ ਪੈ ਜਾਂਦੀ ਹੈ ।੧੧।

ਸਲੋਕ ਮਃ ੧ ॥ ਨਾਨਕ ਬਦਰਾ ਮਾਲ ਕਾ ਭੀਤਰਿ ਧਰਿਆ ਆਣਿ ॥ ਖੋਟੇ ਖਰੇ ਪਰਖੀਅਨਿ ਸਾਹਿਬ ਕੈ ਦੀਬਾਣਿ ॥੧॥ {ਪੰਨਾ ੨੮੯}

ਪਦ ਅਰਥ :—ਬਦਰਾ—ਥੈਲੀ । ਮਾਲ ਕਾ ਬਦਰਾ—ਰੁਪਇਆਂ ਦੀ ਥੈਲੀ, ਕੀਤੇ ਕਰਮਾਂ ਦਾ ਇਕੱਠ । ਆਣਿ—ਲਿਆ ਕੇ । ਪਰਖੀਅਨਿ—ਪਰਖੇ ਜਾਂਦੇ ਹਨ । ਦੀਬਾਣਿ—ਹਜ਼ੂਰੀ ਵਿਚ ।

ਅਰਥ :—ਹੇ ਨਾਨਕ! (ਕਿਸੇ ਮਾਲਕ ਦਾ ਨੌਕਰ) ਰੁਪਇਆਂ ਦੀ ਥੈਲੀ (ਕਮਾ ਕੇ) ਅੰਦਰ ਲਿਆ ਰੱਖਦਾ ਹੈ, ਮਾਲਕ ਦੇ ਸਾਹਮਣੇ ਖੋਟੇ ਤੇ ਖਰੇ ਰੁਪਏ ਪਰਖੇ ਜਾਂਦੇ ਹਨ (ਏਸੇ ਤਰ੍ਹਾਂ ਇਹ ਜੀਵ-ਵਣਜਾਰਾ ਸ਼ਾਹ-ਪ੍ਰਭੂ ਦਾ ਭੇਜਿਆ ਹੋਇਆ ਏਥੇ ਵਣਜ ਕਰ ਕੇ ਚੰਗੇ ਮੰਦੇ ਕੰਮਾਂ ਦੇ ਸੰਸਕਾਰ ਇਕੱਠੇ ਕਰਦਾ ਰਹਿੰਦਾ ਹੈ, ਮਾਲਕ-ਪ੍ਰਭੂ ਦੀ ਹਜ਼ੂਰੀ ਵਿਚ ਨਿਤਾਰਾ ਹੋ ਜਾਂਦਾ ਹੈ ਕਿ ਏਥੇ ਖੋਟ ਹੀ ਕਮਾ ਰਿਹਾ ਹੈ ਜਾਂ ਭਲਾਈ ਭੀ) ।੧।

ਮਃ ੧ ॥ ਨਾਵਣ ਚਲੇ ਤੀਰਥੀ ਮਨਿ ਖੋਟੈ ਤਨਿ ਚੋਰ ॥ ਇਕੁ ਭਾਉ ਲਥੀ ਨਾਤਿਆ ਦੁਇ ਭਾ ਚੜੀਅਸੁ ਹੋਰ ॥ ਬਾਹਰਿ ਧੋਤੀ ਤੂਮੜੀ ਅੰਦਰਿ ਵਿਸੁ ਨਿਕੋਰ ॥ ਸਾਧ ਭਲੇ ਅਣ ਨਾਤਿਆ ਚੋਰ ਸਿ ਚੋਰਾ ਚੋਰ ॥੨॥

ਪਦ ਅਰਥ :—ਮਨਿ ਖੋਟੈ—ਖੋਟੇ ਮਨ ਨਾਲ । ਤਨਿ—ਸਰੀਰ ਵਿਚ । ਚੋਰ—ਕਾਮਾਦਿਕ ਚੋਰ । ਇਕੁ ਭਾਉ—ਇੱਕ ਹਿੱਸਾ । ਲਥੀ—(ਮੈਲ) ਲਹਿ ਗਈ । ਦੁਇ ਭਾ—ਦੋ ਹਿੱਸੇ । ਹੋਰ—ਹੋਰ ਮੈਲ । ਤੂੰਮੜੀ—ਤੂੰਮੀ । ਵਿਸੁ—ਜ਼ਹਿਰ । ਨਿਕੋਰ—ਨਿਰੋਲ ।

ਅਰਥ :—ਜੇ ਖੋਟੇ ਮਨ ਨਾਲ ਤੀਰਥਾਂ ਤੇ ਨ੍ਹਾਉਣ ਤੁਰ ਪਏ ਤੇ ਸਰੀਰ ਵਿਚ ਕਾਮਾਦਿਕ ਚੋਰ ਭੀ ਟਿਕੇ ਰਹੇ, ਤਾਂ ਨ੍ਹਾਉਣ ਨਾਲ ਇਕ ਹਿੱਸਾ (ਭਾਵ, ਸਰੀਰ ਦੀ ਬਾਹਰਲੀ) ਮੈਲ ਤਾਂ ਲਹਿ ਗਈ ਪਰ (ਮਨ ਵਿਚ ਅਹੰਕਾਰ ਆਦਿਕ ਦੀ) ਦੂਣੀ ਮੈਲ ਹੋਰ ਚੜ੍ਹ ਗਈ, (ਤੂੰਮੀ ਵਾਲਾ ਹਾਲ ਹੀ ਹੋਇਆ) ਤੂੰਮੀ ਬਾਹਰੋਂ ਤਾਂ ਧੋਤੀ ਗਈ, ਪਰ ਉਸ ਦੇ ਅੰਦਰ ਨਿਰੋਲ ਵਿਸੁ (ਭਾਵ, ਕੌੜੱਤਣ) ਟਿਕੀ ਰਹੀ ।

ਭਲੇ ਮਨੁੱਖ (ਤੀਰਥਾਂ ਤੇ) ਨ੍ਹਾਉਣ ਤੋਂ ਬਿਨਾ ਹੀ ਭਲੇ ਹਨ, ਤੇ ਚੋਰ (ਤੀਰਥਾਂ ਤੇ ਨ੍ਹਾ ਕੇ ਭੀ) ਚੋਰ ਹੀ ਹਨ ।੨।

ਪਉੜੀ ॥ ਆਪੇ ਹੁਕਮੁ ਚਲਾਇਦਾ ਜਗੁ ਧੰਧੈ ਲਾਇਆ ॥ ਇਕਿ ਆਪੇ ਹੀ ਆਪਿ ਲਾਇਅਨੁ ਗੁਰ ਤੇ ਸੁਖੁ ਪਾਇਆ ॥ ਦਹਦਿਸ ਇਹੁ ਮਨੁ ਧਾਵਦਾ ਗੁਰਿ ਠਾਕਿ ਰਹਾਇਆ ॥ ਨਾਵੈ ਨੋ ਸਭ ਲੋਚਦੀ ਗੁਰਮਤੀ ਪਾਇਆ ॥ ਧੁਰਿ ਲਿਖਿਆ ਮੇਟਿ ਨ ਸਕੀਐ ਜੋ ਹਰਿ ਲਿਖਿ ਪਾਇਆ ॥੧੨॥ {ਪੰਨਾ ੨੮੯}

ਪਦ ਅਰਥ :—ਦਹਦਿਸ—ਦਸੀਂ ਪਾਸੀਂ । ਗੁਰਿ—ਗੁਰੂ ਨੇ । ਸਭ—ਸਾਰੀ ਲੋਕਾਈ ।

ਅਰਥ :—ਪ੍ਰਭੂ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ ਤੇ ਜਗਤ ਨੂੰ ਉਸ ਨੇ ਆਪ ਹੀ ਮਾਇਕ ਧੰਧੇ ਵਿਚ ਲਾ ਰੱਖਿਆ ਹੈ, ਜਿਨ੍ਹਾਂ ਨੂੰ ਉਸ ਨੇ ਆਪ ਹੀ (ਨਾਮ ਵਿਚ) ਜੋੜ ਰੱਖਿਆ ਹੈ ਉਹਨਾਂ ਨੇ ਗੁਰੂ ਦੀ ਸਰਨ ਪੈ ਕੇ ਸੁਖ ਹਾਸਲ ਕੀਤਾ ਹੈ ।

ਮਨੁੱਖ ਦਾ ਇਹ ਮਨ ਦਸੀਂ ਪਾਸੀਂ ਦੌੜਦਾ ਹੈ, (ਸਰਨ ਆਏ ਮਨੁੱਖ ਦਾ ਮਨ) ਗੁਰੂ ਨੇ (ਹੀ) ਰੋਕ ਕੇ ਰੱਖਿਆ ਹੈ; ਸਾਰੀ ਲੋਕਾਈ ਪ੍ਰਭੂ ਦੇ ਨਾਮ ਦੀ ਤਾਂਘ ਕਰਦੀ ਹੈ, ਪਰ ਮਿਲਦਾ ਗੁਰੂ ਦੀ ਮਤਿ ਲਿਆਂ ਹੀ ਹੈ ।

(ਗੁਰੂ ਦਾ ਮਿਲਣਾ ਭੀ ਭਾਗਾਂ ਦੀ ਗੱਲ ਹੈ, ਤੇ) ਜੋ ਲੇਖ ਪ੍ਰਭੂ ਨੇ ਮੁੱਢ ਤੋਂ ਬੰਦੇ ਦੇ ਮੱਥੇ ਲਿਖ ਦਿੱਤਾ ਹੈ ਉਹ ਮਿਟਾਇਆ ਨਹੀਂ ਜਾ ਸਕਦਾ ।੧੨।

ਸਲੋਕ ਮਃ ੧ ॥ ਦੁਇ ਦੀਵੇ ਚਉਦਹ ਹਟਨਾਲੇ ॥ ਜੇਤੇ ਜੀਅ ਤੇਤੇ ਵਣਜਾਰੇ ॥ ਖੁਲ੍ਹ੍ਹੇ ਹਟ ਹੋਆ ਵਾਪਾਰੁ ॥ ਜੋ ਪਹੁਚੈ ਸੋ ਚਲਣਹਾਰੁ ॥ ਧਰਮੁ ਦਲਾਲੁ ਪਾਏ ਨੀਸਾਣੁ ॥ ਨਾਨਕ ਨਾਮੁ ਲਾਹਾ ਪਰਵਾਣੁ ॥ ਘਰਿ ਆਏ ਵਜੀ ਵਾਧਾਈ ॥ ਸਚ ਨਾਮ ਕੀ ਮਿਲੀ ਵਡਿਆਈ ॥੧॥ {ਪੰਨਾ ੨੮੯}

ਪਦ ਅਰਥ :—ਦੁਇ—ਦੋਵੇਂ, ਚੰਦ ਤੇ ਸੂਰਜ । ਚਉਦਹ—ਚੌਦਾਂ ਲੋਕ । ਹਟਨਾਲੇ—ਬਾਜ਼ਾਰ । ਲਾਹਾ—ਨਫ਼ਾ । ਘਰਿ—ਘਰ ਵਿਚ, ਭਟਕਣ ਤੋਂ ਹਟ ਕੇ ਪ੍ਰਭੂ ਦੇ ਦਰ ਤੇ । ਵਧਾਈ ਵਜੀ—ਵਧਾਈ ਵੱਜਦੀ ਹੈ, ਚੜ੍ਹਦੀ ਕਲਾ ਬਣਦੀ ਹੈ ।

ਅਰਥ :—ਜਗਤ-ਰੂਪ ਸ਼ਹਰ ਵਿਚ ਚੰਦ ਤੇ ਸੂਰਜ, ਮਾਨੋ, ਦੋ ਲੈਂਪ ਜਗ ਰਹੇ ਹਨ, ਤੇ ਚੌਦਾਂ ਲੋਕ (ਇਹ ਜਗਤ-ਸ਼ਹਰ ਦੇ, ਮਾਨੋ) ਬਜ਼ਾਰ ਹਨ, ਸਾਰੇ ਜੀਵ (ਇਸ ਸ਼ਹਰ ਦੇ) ਵਪਾਰੀ ਹਨ । ਜਦੋਂ ਹੱਟ ਖੁਲ੍ਹ ਪਏ (ਜਗਤ-ਰਚਨਾ ਹੋਈ), ਵਪਾਰ ਹੋਣ ਲੱਗ ਪਿਆ । ਜੋ ਜੋ ਵਪਾਰੀ ਏਥੇ ਆਉਂਦਾ ਹੈ ਉਹ ਮੁਸਾਫ਼ਿਰ ਹੀ ਹੁੰਦਾ ਹੈ ।

(ਹਰੇਕ ਜੀਵ-ਵਪਾਰੀ ਦੀ ਕਰਣੀ-ਰੂਪ ਸਉਦੇ ਤੇ) ਧਰਮ-ਰੂਪ ਦਲਾਲ ਨਿਸ਼ਾਨ ਲਾਈ ਜਾਂਦਾ ਹੈ (ਕਿ ਇਸ ਦਾ ਸਉਦਾ ਖਰਾ ਹੈ ਜਾਂ ਖੋਟਾ), ਹੇ ਨਾਨਕ! (ਸ਼ਾਹ-ਪ੍ਰਭੂ ਦੇ ਹੱਟ ਤੇ) 'ਨਾਮ' ਨਫ਼ਾ ਹੀ ਕਬੂਲ ਹੁੰਦਾ ਹੈ । ਜੋ (ਇਹ ਨਫ਼ਾ ਖੱਟ ਕੇ) ਹਜ਼ੂਰੀ ਵਿਚ ਅੱਪੜਦਾ ਹੈ ਉਸ ਨੂੰ ਲਾਲੀ ਚੜ੍ਹਦੀ ਹੈ ਤੇ ਸੱਚੇ ਨਾਮ ਦੀ (ਪ੍ਰਾਪਤੀ ਦੀ) ਉਸ ਨੂੰ ਵਡਿਆਈ ਮਿਲਦੀ ਹੈ ।੧।

ਮਃ ੧ ॥ ਰਾਤੀ ਹੋਵਨਿ ਕਾਲੀਆ ਸੁਪੇਦਾ ਸੇ ਵੰਨ ॥ ਦਿਹੁ ਬਗਾ ਤਪੈ ਘਣਾ ਕਾਲਿਆ ਕਾਲੇ ਵੰਨ ॥ ਅੰਧੇ ਅਕਲੀ ਬਾਹਰੇ ਮੂਰਖ ਅੰਧ ਗਿਆਨੁ ॥ ਨਾਨਕ ਨਦਰੀ ਬਾਹਰੇ ਕਬਹਿ ਨ ਪਾਵਹਿ ਮਾਨੁ ॥੨॥ {ਪੰਨਾ ੨੮੯}

ਪਦ ਅਰਥ :—ਸੇ ਵੰਨ—ਉਹੀ ਰੰਗ । ਸੁਪੇਦਾ—ਸਫ਼ੈਦ ਚੀਜ਼ਾਂ ਦਾ । ਦਿਹੁ—ਦਿਨ । ਬਗਾ—ਚਿੱਟਾ । ਘਣਾ—ਬਹੁਤ । ਵੰਨ—ਰੰਗ । ਅੰਧ ਗਿਆਨੁ—ਅੰਨ੍ਹੀ ਮਤਿ ।

ਅਰਥ :—ਰਾਤਾਂ ਕਾਲੀਆਂ ਹੁੰਦੀਆਂ ਹਨ (ਪਰ) ਚਿੱਟੀਆਂ ਚੀਜ਼ਾਂ ਦੇ ਉਹੀ ਚਿੱਟੇ ਰੰਗ ਹੀ ਰਹਿੰਦੇ ਹਨ (ਰਾਤ ਦੀ ਕਾਲਖ ਦਾ ਅਸਰ ਉਹਨਾਂ ਤੇ ਨਹੀਂ ਪੈਂਦਾ), ਦਿਨ ਚਿੱਟਾ ਹੁੰਦਾ ਹੈ, ਚੰਗਾ ਤਕੜਾ ਚਮਕਦਾ ਹੈ, ਪਰ ਕਾਲੇ ਪਦਾਰਥਾਂ ਦੇ ਰੰਗ ਕਾਲੇ ਹੀ ਰਹਿੰਦੇ ਹਨ (ਦਿਨ ਦੀ ਰੌਸ਼ਨੀ ਦਾ ਅਸਰ ਇਹਨਾਂ ਕਾਲੀਆਂ ਚੀਜ਼ਾਂ ਤੇ ਨਹੀਂ ਪੈਂਦਾ) । (ਏਸੇ ਤਰ੍ਹਾਂ) ਜੋ ਮਨੁੱਖ ਅੰਨ੍ਹੇ ਮੂਰਖ ਅਕਲ-ਹੀਣ ਹਨ ਉਹਨਾਂ ਦੀ ਅੰਨ੍ਹੀ ਹੀ ਮਤਿ ਰਹਿੰਦੀ ਹੈ; ਹੇ ਨਾਨਕ! ਜਿਨ੍ਹਾਂ ਉਤੇ ਪ੍ਰਭੂ ਦੀ ਮਿਹਰ ਦੀ ਨਜ਼ਰ ਨਹੀਂ ਹੋਈ ਉਹਨਾਂ ਨੂੰ ਕਦੇ ('ਨਾਮ' ਦੀ ਪ੍ਰਾਪਤੀ ਦਾ) ਮਾਣ ਨਹੀਂ ਮਿਲਦਾ ।੨।

ਪਉੜੀ ॥ ਕਾਇਆ ਕੋਟੁ ਰਚਾਇਆ ਹਰਿ ਸਚੈ ਆਪੇ ॥ ਇਕਿ ਦੂਜੈ ਭਾਇ ਖੁਆਇਅਨੁ ਹਉਮੈ ਵਿਚਿ ਵਿਆਪੇ ॥ ਇਹੁ ਮਾਨਸ ਜਨਮੁ ਦੁਲੰਭੁ ਸਾ ਮਨਮੁਖ ਸੰਤਾਪੇ ॥ ਜਿਸੁ ਆਪਿ ਬੁਝਾਏ ਸੋ ਬੁਝਸੀ ਜਿਸੁ ਸਤਿਗੁਰੁ ਥਾਪੇ ॥ ਸਭੁ ਜਗੁ ਖੇਲੁ ਰਚਾਇਓਨੁ ਸਭ ਵਰਤੈ ਆਪੇ ॥੧੩॥ {ਪੰਨਾ ੭੮੯}

ਪਦ ਅਰਥ :—ਕੋਟੁ—ਕਿਲ੍ਹਾ । ਆਪੇ—ਆਪ ਹੀ । ਇਕਿ—ਕਈ ਜੀਵ । ਖੁਆਇਅਨੁ—ਖੁੰਝਾਏ ਹਨ ਉਸ ਨੇ । ਵਿਆਪੇ—ਫਸੇ ਹੋਏ । ਸਾ—ਸੀ । ਮਨਮੁਖ—ਮਨ ਦੇ ਪਿੱਛੇ ਤੁਰਨ ਵਾਲੇ । ਥਾਪੇ—ਥਾਪਣਾ ਦੇਵੇ ।

ਅਰਥ :—ਇਹ ਮਨੁੱਖਾ-ਸਰੀਰ (ਮਾਨੋ,) ਕਿਲ੍ਹਾ ਹੈ ਜੋ ਸੱਚੇ ਪ੍ਰਭੂ ਨੇ ਆਪ ਬਣਾਇਆ ਹੈ, (ਪਰ ਇਸ ਕਿਲ੍ਹੇ ਵਿਚ ਰਹਿੰਦੇ ਹੋਏ ਭੀ) ਕਈ ਜੀਵ ਮਾਇਆ ਦੇ ਮੋਹ ਵਿਚ ਪਾ ਕੇ ਉਸ ਨੇ ਆਪ ਹੀ ਕੁਰਾਹੇ ਪਾ ਦਿੱਤੇ ਹਨ, ਉਹ (ਵਿਚਾਰੇ) ਹਉਮੈ ਵਿਚ ਫਸੇ ਪਏ ਹਨ ।

ਇਹ ਮਨੁੱਖਾ ਸਰੀਰ ਬੜੀ ਮੁਸ਼ਕਲ ਨਾਲ ਲੱਭਾ ਸੀ, ਪਰ ਮਨ ਦੇ ਪਿੱਛੇ ਤੁਰ ਕੇ ਜੀਵ ਦੁਖੀ ਹੋ ਰਹੇ ਹਨ; (ਇਹ ਸਰੀਰ ਪ੍ਰਾਪਤ ਕਰ ਕੇ ਕੀਹ ਕਰਨਾ ਸੀ) ਇਹ ਸਮਝ ਉਸ ਨੂੰ ਆਉਂਦੀ ਹੈ ਜਿਸ ਨੂੰ ਪ੍ਰਭੂ ਆਪ ਸਮਝ ਬਖ਼ਸ਼ੇ ਤੇ ਸਤਿਗੁਰੂ ਥਾਪਣਾ ਦੇਵੇ ।

(ਪਰ ਕਿਸੇ ਨੂੰ ਨਿੰਦਿਆ ਭੀ ਨਹੀਂ ਜਾ ਸਕਦਾ) ਇਹ ਸਾਰਾ ਜਗਤ ਉਸ ਪ੍ਰਭੂ ਨੇ ਇਕ ਖੇਡ ਬਣਾਈ ਹੈ ਤੇ ਇਸ ਵਿਚ ਹਰ ਥਾਂ ਆਪ ਹੀ ਮੌਜੂਦ ਹੈ ।੧੩।

ਸਲੋਕ ਮਃ ੧ ॥ ਚੋਰਾ ਜਾਰਾ ਰੰਡੀਆ ਕੁਟਣੀਆ ਦੀਬਾਣੁ ॥ ਵੇਦੀਨਾ ਕੀ ਦੋਸਤੀ ਵੇਦੀਨਾ ਕਾ ਖਾਣੁ ॥ ਸਿਫਤੀ ਸਾਰ ਨ ਜਾਣਨੀ ਸਦਾ ਵਸੈ ਸੈਤਾਨੁ ॥ ਗਦਹੁ ਚੰਦਨਿ ਖਉਲੀਐ ਭੀ ਸਾਹੂ ਸਿਉ ਪਾਣੁ ॥ ਨਾਨਕ ਕੂੜੈ ਕਤਿਐ ਕੂੜਾ ਤਣੀਐ ਤਾਣੁ ॥ ਕੂੜਾ ਕਪੜੁ ਕਛੀਐ ਕੂੜਾ ਪੈਨਣੁ ਮਾਣੁ ॥੧॥ {ਪੰਨਾ ੭੯੦}

ਪਦ ਅਰਥ :—ਜਾਰ—ਵਿਭਚਾਰੀ ਮਨੁੱਖ । ਰੰਡੀ—ਵਿਭਚਾਰਨ ਇਸਤ੍ਰੀ । ਕੁਟਣੀ—ਦੱਲੀ । ਦੀਬਾਣੁ—ਮਜਲਸ, ਬਹਿਣ ਖਲੋਣ ਦੀ ਸਾਂਝ । ਵੇਦੀਨ—ਅਧਰਮੀ । ਖਾਣੁ—ਖਾਣ ਪੀਣ ਦੀ ਸਾਂਝ । ਗਦਹੁ—ਖੋਤਾ । ਚੰਦਨਿ—ਚੰਦਨ ਨਾਲ । ਖਉਲੀਐ—ਮਲੀਏ । ਸਾਹੂ—ਸੁਆਹ । ਪਾਣੁ—ਪੈਣ ਦਾ ਸੁਭਾਉ, ਵਰਤੋਂ-ਵਿਹਾਰ । ਕੂੜੈ ਕਤਿਐ—ਕੂੜ-ਰੂਪ ਸੂਤ ਕੱਤਣ ਨਾਲ । ਤਾਣੁ—ਤਾਣਾ । ਕਛੀਐ—ਕੱਛੀਦਾ ਹੈ, ਮਿਣੀਦਾ ਹੈ ।

ਅਰਥ :—ਚੋਰਾਂ, ਲੁੱਚੇ ਬੰਦਿਆਂ, ਵਿਭਚਾਰਨ ਔਰਤਾਂ ਤੇ ਦੱਲੀਆਂ ਦਾ ਆਪੋ ਵਿਚ ਬਹਿਣ ਖਲੋਣ ਹੁੰਦਾ ਹੈ, ਇਹਨਾਂ ਧਰਮ ਤੋਂ ਵਾਂਜਿਆਂ ਦੀ ਆਪੋ ਵਿਚ ਮਿਤ੍ਰਤਾ ਤੇ ਆਪੋ ਵਿਚ ਖਾਣ ਪੀਣ ਹੁੰਦਾ ਹੈ; ਰੱਬ ਦੀ ਸਿਫ਼ਤਿ-ਸਾਲਾਹ ਕਰਨ ਦੀ ਇਹਨਾਂ ਨੂੰ ਸੂਝ ਨਹੀਂ ਹੁੰਦੀ, (ਇਹਨਾਂ ਦੇ ਮਨ ਵਿਚ, ਮਾਨੋ) ਸਦਾ ਸ਼ੈਤਾਨ ਵੱਸਦਾ ਹੈ । (ਸਮਝਾਇਆਂ ਭੀ ਸਮਝਦੇ ਨਹੀਂ, ਜਿਵੇਂ) ਖੋਤੇ ਨੂੰ ਜੇ ਚੰਦਨ ਨਾਲ ਮਲੀਏ ਤਾਂ ਭੀ ਉਸ ਦੀ ਵਰਤੋਂ ਵਿਹਾਰ ਸੁਆਹ ਨਾਲ ਹੀ ਹੁੰਦੀ ਹੈ (ਪਿਛਲੇ ਕੀਤੇ ਕਰਮਾਂ ਦਾ ਗੇੜ ਇਸ ਮੰਦੇ ਰਾਹ ਤੋਂ ਹਟਣ ਨਹੀਂ ਦੇਂਦਾ) ।

ਹੇ ਨਾਨਕ! "ਕੂੜ" (ਦਾ ਸੂਤਰ) ਕੱਤਣ ਨਾਲ "ਕੂੜ" ਦਾ ਹੀ ਤਾਣਾ ਚਾਹੀਦਾ ਹੈ, "ਕੂੜ" ਦਾ ਹੀ ਕੱਪੜਾ ਕੱਛੀਦਾ ਹੈ ਤੇ ਪਹਿਨੀਦਾ ਹੈ (ਇਸ "ਕੂੜ"-ਰੂਪ ਪੁਸ਼ਾਕ ਦੇ ਕਾਰਨ "ਕੂੜ" ਹੀ ਵਡਿਆਈ ਮਿਲਦੀ ਹੈ (ਭਾਵ, "ਖਤਿਅਹੁ ਜੰਮੇ ਖਤੇ ਕਰਨਿ ਤ ਖਤਿਆ ਵਿਚਿ ਪਾਹਿ") ।੧।

ਮਃ ੧ ॥ ਬਾਂਗਾ ਬੁਰਗੂ ਸਿੰਙੀਆ ਨਾਲੇ ਮਿਲੀ ਕਲਾਣ ॥ ਇਕਿ ਦਾਤੇ ਇਕਿ ਮੰਗਤੇ ਨਾਮੁ ਤੇਰਾ ਪਰਵਾਣੁ ॥ ਨਾਨਕ ਜਿਨ੍ਹੀ ਸੁਣਿ ਕੈ ਮੰਨਿਆ ਹਉ ਤਿਨਾ ਵਿਟਹੁ ਕੁਰਬਾਣੁ ॥੨॥ {ਪੰਨਾ ੭੯੦}

ਪਦ ਅਰਥ :—ਬੁਰਗੂ—(ਫ਼ਾ: ਬੁਰਗ਼ੂ) ਤੂਤੀ । ਪਰਵਾਣੁ—ਕਬੂਲ, ਪਸੰਦ ।

ਅਰਥ :—(ਮੁੱਲਾਂ) ਬਾਂਗ ਦੇ ਕੇ, (ਫ਼ਕੀਰ) ਤੂਤੀ ਵਜਾ ਕੇ, (ਜੋਗੀ) ਸਿੰਙੀ ਵਜਾ ਕੇ, (ਮਿਰਾਸੀ) ਕਲਾਣ ਕਰ ਕੇ (ਲੋਕਾਂ ਦੇ ਦਰ ਤੋਂ ਮੰਗਦੇ ਹਨ); (ਸੰਸਾਰ ਵਿਚ ਇਸ ਤਰ੍ਹਾਂ ਦੇ) ਕਈ ਮੰਗਤੇ ਤੇ ਕਈ ਦਾਤੇ ਹਨ, ਪਰ ਮੈਨੂੰ ਤੇਰਾ ਨਾਮ ਹੀ ਚਾਹੀਦਾ ਹੈ ।

ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਪ੍ਰਭੂ ਦਾ ਨਾਮ ਸੁਣ ਕੇ ਉਸ ਵਿਚ ਮਨ ਨੂੰ ਜੋੜ ਲਿਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ ।੨।

ਪਉੜੀ ॥ ਮਾਇਆ ਮੋਹੁ ਸਭੁ ਕੂੜੁ ਹੈ ਕੂੜੋ ਹੋਇ ਗਇਆ ॥ ਹਉਮੈ ਝਗੜਾ ਪਾਇਓਨੁ ਝਗੜੈ ਜਗੁ ਮੁਇਆ ॥ ਗੁਰਮੁਖਿ ਝਗੜੁ ਚੁਕਾਇਓਨੁ ਇਕੋ ਰਵਿ ਰਹਿਆ ॥ ਸਭੁ ਆਤਮ ਰਾਮੁ ਪਛਾਣਿਆ ਭਉਜਲੁ ਤਰਿ ਗਇਆ ॥ ਜੋਤਿ ਸਮਾਣੀ ਜੋਤਿ ਵਿਚਿ ਹਰਿ ਨਾਮਿ ਸਮਇਆ ॥੧੪॥ {ਪੰਨਾ ੭੯੦}

ਪਦ ਅਰਥ :—ਕੂੜੁ—ਛਲ, ਭਰਮ । ਕੂੜੋ—ਕੂੜ ਹੀ, ਛਲ ਹੀ । ਪਾਇਓਨੁ—ਪਾਇਆ ਉਸ (ਪ੍ਰਭੂ) ਨੇ । ਚੁਕਾਇਓਨੁ—ਮੁਕਾਇਆ ਉਸ (ਪ੍ਰਭੂ) ਨੇ । ਸਭੁ—ਹਰ ਥਾਂ । ਭਉਜਲੁ—ਸੰਸਾਰ-ਸਮੁੰਦਰ । ਨਾਮਿ—ਨਾਮ ਵਿਚ ।

ਅਰਥ :—ਮਾਇਆ ਦਾ ਮੋਹ ਨਿਰੋਲ ਇਕ ਛਲ ਹੈ, (ਆਖ਼ਰ) ਛਲ ਹੀ (ਸਾਬਤ) ਹੁੰਦਾ ਹੈ, ਪਰ ਪ੍ਰਭੂ ਨੇ (ਮਾਇਆ ਦੇ ਮੋਹ ਵਿਚ ਜੀਵ ਫਸਾ ਕੇ) 'ਹਉਮੈ' ਦਾ ਗੇੜ ਪੈਦਾ ਕਰ ਦਿੱਤਾ ਹੈ ਇਸ ਗੇੜ ਵਿਚ (ਪੈ ਕੇ) ਜਗਤ ਦੁਖੀ ਹੋ ਰਿਹਾ ਹੈ ।

ਜੋ ਮਨੁੱਖ ਗੁਰੂ ਦੇ ਸਨਮੁਖ ਹੈ ਉਸ ਦਾ ਇਹ ਝੰਬੇਲਾ ਪ੍ਰਭੂ ਨੇ ਆਪ ਮੁਕਾ ਦਿੱਤਾ ਹੈ, ਉਸ ਨੂੰ ਇਕ ਪ੍ਰਭੂ ਹੀ ਵਿਆਪਕ ਦਿੱਸਦਾ ਹੈ; ਗੁਰਮੁਖ ਹਰ ਥਾਂ ਪਰਮਾਤਮਾ ਨੂੰ ਹੀ ਪਛਾਣਦਾ ਹੈ ਤੇ ਇਸ ਤਰ੍ਹਾਂ ਇਸ ਸੰਸਾਰ ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ; ਉਸ ਦੀ ਆਤਮਾ ਪਰਮਾਤਮਾ ਵਿਚ ਲੀਨ ਹੁੰਦੀ ਰਹਿੰਦੀ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ।੪।

ਸਲੋਕ ਮਃ ੧ ॥ ਸਤਿਗੁਰ ਭੀਖਿਆ ਦੇਹਿ ਮੈ ਤੂੰ ਸੰਮ੍ਰਥੁ ਦਾਤਾਰੁ ॥ ਹਉਮੈ ਗਰਬੁ ਨਿਵਾਰੀਐ ਕਾਮੁ ਕ੍ਰੋਧੁ ਅਹੰਕਾਰੁ ॥ ਲਬੁ ਲੋਭੁ ਪਰਜਾਲੀਐ ਨਾਮੁ ਮਿਲੈ ਆਧਾਰੁ ॥ ਅਹਿਨਿਸਿ ਨਵਤਨ ਨਿਰਮਲਾ ਮੈਲਾ ਕਬਹੂੰ ਨ ਹੋਇ ॥ ਨਾਨਕ ਇਹ ਬਿਧਿ ਛੁਟੀਐ ਨਦਰਿ ਤੇਰੀ ਸੁਖੁ ਹੋਇ ॥੧॥ {ਪੰਨਾ ੭੯੦}

ਪਦ ਅਰਥ :—ਸਤਿਗੁਰ—ਹੇ ਗੁਰੂ ! ਭਿਖਿਆ—ਖ਼ੈਰ । ਗਰਬੁ—ਅਹੰਕਾਰ । ਲਬੁ—ਚਸਕਾ । ਪਰਜਾਲੀਐ—ਚੰਗੀ ਤਰ੍ਹਾਂ ਸੜ ਜਾਏ । ਆਧਾਰੁ—ਸਹਾਰਾ, ਆਸਰਾ । ਅਹਿਨਿਸਿ—ਦਿਨ ਰਾਤ । ਨਵਤਨ—ਨਵਾਂ । ਇਹ ਬਿਧਿ—ਇਸ ਤਰੀਕੇ ਨਾਲ (ਭਾਵ, ਨਾਮ ਜਪਿਆਂ) ।

ਅਰਥ :—ਹੇ ਗੁਰੂ ! ਤੂੰ ਬਖ਼ਸ਼ਸ਼ ਕਰਨ ਜੋਗਾ ਹੈਂ, ਮੈਨੂੰ ਖ਼ੈਰ ਪਾ ('ਨਾਮ' ਦਾ), ਮੇਰੀ ਹਉਮੈ ਮੇਰਾ ਅਹੰਕਾਰ ਕਾਮ ਤੇ ਕ੍ਰੋਧ ਦੂਰ ਹੋ ਜਾਏ । (ਹੇ ਗੁਰੂ ! ਤੇਰੇ ਦਰ ਤੋਂ ਮੈਨੂੰ) ਪ੍ਰਭੂ ਦਾ ਨਾਮ (ਜ਼ਿੰਦਗੀ ਲਈ) ਸਹਾਰਾ ਮਿਲ ਜਾਏ ਤੇ ਮੇਰਾ ਚਸਕਾ ਤੇ ਲੋਭ ਚੰਗੀ ਤਰ੍ਹਾਂ ਸੜ ਜਾਏ । ਪ੍ਰਭੂ ਦਾ ਨਾਮ ਦਿਨ ਰਾਤ ਨਵੇਂ ਤੋਂ ਨਵਾਂ ਹੁੰਦਾ ਹੈ (ਭਾਵ, ਜਿਉਂ ਜਿਉਂ ਜਪੀਏ, ਇਸ ਨਾਲ ਪਿਆਰ ਵਧਦਾ ਹੈ) 'ਨਾਮ' ਪਵਿਤ੍ਰ ਹੈ, ਇਹ ਕਦੇ ਮੈਲਾ ਨਹੀਂ ਹੁੰਦਾ (ਤਾਹੀਏਂ), ਹੇ ਨਾਨਕ ! 'ਨਾਮ' ਜਪਿਆਂ (ਹਉਮੈ ਦੇ) ਗੇੜ ਤੋਂ ਬਚੀਦਾ ਹੈ ।

ਹੇ ਪ੍ਰਭੂ ! ਇਹ ਸੁਖ ਤੇਰੀ ਮਿਹਰ ਦੀ ਨਜ਼ਰ ਨਾਲ ਮਿਲਦਾ ਹੈ ।੧।

ਮਃ ੧ ॥ ਇਕੋ ਕੰਤੁ ਸਬਾਈਆ ਜਿਤੀ ਦਰਿ ਖੜੀਆਹ ॥ ਨਾਨਕ ਕੰਤੈ ਰਤੀਆ ਪੁਛਹਿ ਬਾਤੜੀਆਹ ॥੨॥ {ਪੰਨਾ ੭੯੦}

ਪਦ ਅਰਥ :—ਸਬਾਈਆ—ਸਾਰੀਆਂ ਦਾ । ਜਿਤੀ—ਜਿਤਨੀਆਂ । ਦਰਿ—(ਪ੍ਰਭੂ ਦੇ) ਦਰ ਤੇ । ਬਾਤੜੀਆਹ—ਸੋਹਣੀਆਂ ਬਾਤਾਂ ।

ਅਰਥ :—ਜਿਤਨੀਆਂ ਭੀ ਜੀਵ-ਇਸਤ੍ਰੀਆਂ ਖਸਮ-ਪ੍ਰਭੂ ਦੇ ਬੂਹੇ ਤੇ ਖਲੋਤੀਆਂ ਹੋਈਆਂ ਹਨ । ਉਹਨਾਂ ਸਭਨਾਂ ਦਾ ਇੱਕ ਪ੍ਰਭੂ ਹੀ ਰਾਖਾ ਹੈ । ਹੇ ਨਾਨਕ ! ਖਸਮ-ਪ੍ਰਭੂ ਦੇ ਪਿਆਰ ਰੰਗ ਵਿਚ ਰੰਗੀਆਂ ਹੋਈਆਂ ਪ੍ਰਭੂ ਦੀਆਂ ਹੀ ਮੋਹਣੀਆਂ ਗੱਲਾਂ (ਇਕ ਦੂਜੀ ਪਾਸੋਂ) ਪੁੱਛਦੀਆਂ ਹਨ ।੨।

ਮਃ ੧ ॥ ਸਭੇ ਕੰਤੈ ਰਤੀਆ ਮੈ ਦੋਹਾਗਣਿ ਕਿਤੁ ॥ ਮੈ ਤਨਿ ਅਵਗਣ ਏਤੜੇ ਖਸਮੁ ਨ ਫੇਰੇ ਚਿਤੁ ॥੩॥ {ਪੰਨਾ ੭੯੦}

ਪਦ ਅਰਥ :—ਦੋਹਾਗਣਿ—ਮੰਦੇ ਭਾਗਾਂ ਵਾਲੀਆਂ, ਛੁੱਟੜ । ਕਿਤੁ—ਕਿਸ ਲੇਖੇ ਵਿਚ । ਮੈ ਤਨਿ—ਮੇਰੇ ਸਰੀਰ ਵਿਚ ।

ਅਰਥ :—ਸਾਰੀਆਂ ਜੀਵ-ਇਸਤ੍ਰੀਆਂ ਖਸਮ-ਪ੍ਰਭੂ ਦੇ ਪਿਆਰ ਵਿਚ ਰੰਗੀਆਂ ਹੋਈਆਂ ਹਨ, (ਉਹਨਾਂ ਸੋਹਾਗਣਾਂ ਦੇ ਸਾਮ੍ਹਣੇ) ਮੈਂ ਮੰਦੇ ਭਾਗਾਂ ਵਾਲੀ ਕਿਸ ਗਿਣਤੀ ਵਿਚ ਹਾਂ? ਮੇਰੇ ਸਰੀਰ ਵਿਚ ਇਤਨੇ ਔਗੁਣ ਹਨ ਕਿ ਖਸਮ ਮੇਰੇ ਵਲ ਧਿਆਨ ਭੀ ਨਹੀਂ ਕਰਦਾ ।੩।

ਮਃ ੧ ॥ ਹਉ ਬਲਿਹਾਰੀ ਤਿਨ ਕਉ ਸਿਫਤਿ ਜਿਨਾ ਦੈ ਵਾਤਿ ॥ ਸਭਿ ਰਾਤੀ ਸੋਹਾਗਣੀ ਇਕ ਮੈ ਦੋਹਾਗਣਿ ਰਾਤਿ ॥੪॥ {ਪੰਨਾ ੭੯੦}

ਪਦ ਅਰਥ :—ਦੈ—ਦੇ । ਵਾਤਿ—ਵਾਤ ਵਿਚ, ਮੂੰਹ ਵਿਚ । {ਨੋਟ :—ਲਫ਼ਜ਼ 'ਦੇ' ਅਤੇ 'ਕੇ' ਤੋਂ 'ਦੈ' ਅਤੇ 'ਕੈ' ਕਿਉਂ ਬਣ ਜਾਂਦਾ ਹੈ, ਇਹ ਸਮਝਣ ਲਈ ਵੇਖੋ "ਗੁਰਬਾਣੀ ਵਿਆਕਰਣ"} ।

ਅਰਥ :—ਮੈਂ ਸਦਕੇ ਹਾਂ ਉਹਨਾਂ ਤੋਂ ਜਿਨ੍ਹਾਂ ਦੇ ਮੂੰਹ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਹੈ । (ਹੇ ਪ੍ਰਭੂ !) ਤੂੰ ਸਾਰੀਆਂ ਰਾਤਾਂ ਸੁਹਾਗਣਾਂ ਨੂੰ ਦੇ ਰਿਹਾ ਹੈਂ, ਇਕ ਰਾਤ ਮੈਨੂੰ ਛੁੱਟੜ ਨੂੰ ਭੀ ਦੇਹ ।੪।

ਪਉੜੀ ॥ ਦਰਿ ਮੰਗਤੁ ਜਾਚੈ ਦਾਨੁ ਹਰਿ ਦੀਜੈ ਕ੍ਰਿਪਾ ਕਰਿ ॥ ਗੁਰਮੁਖਿ ਲੇਹੁ ਮਿਲਾਇ ਜਨੁ ਪਾਵੈ ਨਾਮੁ ਹਰਿ ॥ ਅਨਹਦ ਸਬਦੁ ਵਜਾਇ ਜੋਤੀ ਜੋਤਿ ਧਰਿ ॥ ਹਿਰਦੈ ਹਰਿ ਗੁਣ ਗਾਇ ਜੈ ਜੈ ਸਬਦੁ ਹਰਿ ॥ ਜਗ ਮਹਿ ਵਰਤੈ ਆਪਿ ਹਰਿ ਸੇਤੀ ਪ੍ਰੀਤਿ ਕਰਿ ॥੧੫॥ {ਪੰਨਾ ੭੯੦}

ਪਦ ਅਰਥ :—ਦਰਿ—ਪ੍ਰਭੂ ਦੇ ਬੂਹੇ ਤੇ । ਜਾਚੈ—ਮੰਗਦਾ ਹੈ । ਹਰਿ—ਹੇ ਹਰੀ ! ਜਨੁ—(ਮੈਂ) ਸੇਵਕ । ਅਨਹਦ—ਇਕ-ਰਸ, ਕਦੇ ਨਾਹ ਮੁੱਕਣ ਵਾਲਾ । ਧਰਿ—ਧਰ ਕੇ, ਟਿਕਾ ਕੇ । ਜੈ ਜੈ ਸਬਦੁ—ਪ੍ਰਭੂ ਦੀ ਜੈਕਾਰ ਦੀ ਬਾਣੀ ।

ਅਰਥ :—ਹੇ ਪ੍ਰਭੂ ! ਮੈਂ ਮੰਗਤਾ ਤੇਰੇ ਬੂਹੇ ਤੇ (ਆ ਕੇ) ਖ਼ੈਰ ਮੰਗਦਾ ਹਾਂ, ਮਿਹਰ ਕਰ ਕੇ ਮੈਨੂੰ ਖ਼ੈਰ ਪਾ; ਮੈਨੂੰ ਗੁਰੂ ਦੇ ਸਨਮੁਖ ਕਰ ਕੇ (ਆਪਣੇ ਚਰਨਾਂ ਵਿਚ) ਜੋੜ ਲੈ, ਮੈਂ ਤੇਰਾ ਸੇਵਕ ਤੇਰਾ ਨਾਮ ਪ੍ਰਾਪਤ ਕਰ ਲਵਾਂ; ਤੇਰੀ ਜੋਤਿ ਵਿਚ ਆਪਣੀ ਆਤਮਾ ਟਿਕਾ ਕੇ ਮੈਂ ਤੇਰੀ ਸਿਫ਼ਤਿ-ਸਾਲਾਹ ਦਾ ਇਕ-ਰਸ ਗੀਤ ਗਾਵਾਂ, ਤੇਰੀ ਜੈ ਜੈਕਾਰ ਦੀ ਬਾਣੀ ਤੇ ਗੁਣ ਮੈਂ ਹਿਰਦੇ ਵਿਚ ਗਾਵਾਂ, ਮੈਂ ਤੇਰੇ ਨਾਲ ਪਿਆਰ ਕਰਾਂ (ਤੇ ਇਸ ਤਰ੍ਹਾਂ ਮੈਨੂੰ ਯਕੀਨ ਬਣੇ ਕਿ) ਜਗਤ ਵਿਚ ਪ੍ਰਭੂ ਆਪ ਹਰ ਥਾਂ ਮੌਜੂਦ ਹੈ ।੧੫।

ਸਲੋਕ ਮਃ ੧ ॥ ਜਿਨੀ ਨ ਪਾਇਓ ਪ੍ਰੇਮ ਰਸੁ ਕੰਤ ਨ ਪਾਇਓ ਸਾਉ ॥ ਸੁੰਞੇ ਘਰ ਕਾ ਪਾਹੁਣਾ ਜਿਉ ਆਇਆ ਤਿਉ ਜਾਉ ॥੧॥ {ਪੰਨਾ ੭੯੦}

ਅਰਥ :—ਜਿਨ੍ਹਾਂ ਜੀਵ-ਇਸਤ੍ਰੀਆਂ ਨੇ ਪ੍ਰਭੂ ਦੇ ਪਿਆਰ ਦਾ ਆਨੰਦ ਨਾਹ ਮਾਣਿਆ, ਜਿਨ੍ਹਾਂ ਨੇ ਖਸਮ-ਪ੍ਰਭੂ ਦੇ ਮਿਲਾਪ ਦਾ ਸੁਆਦ ਨਾਹ ਚੱਖਿਆ (ਉਹ ਇਸ ਮਨੁੱਖਾ ਸਰੀਰ ਵਿਚ ਆ ਕੇ ਇਉਂ ਹੀ ਖ਼ਾਲੀ ਗਈਆਂ) ਜਿਵੇਂ ਕਿਸੇ ਸੁੰਞੇ ਘਰ ਵਿਚ ਆਇਆ ਪਰਾਹੁਣਾ ਜਿਵੇਂ ਆਉਂਦਾ ਹੈ ਤਿਵੇਂ ਤੁਰ ਜਾਂਦਾ ਹੈ (ਓਦੋਂ ਉਸ ਨੂੰ ਖਾਣ ਪੀਣ ਨੂੰ ਕੁਝ ਭੀ ਹਾਸਲ ਨਹੀਂ ਹੁੰਦਾ) ।੧।

ਮਃ ੧ ॥ ਸਉ ਓਲਾਮ੍ਹੇ ਦਿਨੈ ਕੇ ਰਾਤੀ ਮਿਲਨ੍ਹਿ ਸਹੰਸ ॥ ਸਿਫਤਿ ਸਲਾਹਣੁ ਛਡਿ ਕੈ ਕਰੰਗੀ ਲਗਾ ਹੰਸੁ ॥ ਫਿਟੁ ਇਵੇਹਾ ਜੀਵਿਆ ਜਿਤੁ ਖਾਇ ਵਧਾਇਆ ਪੇਟੁ ॥ ਨਾਨਕ ਸਚੇ ਨਾਮ ਵਿਣੁ ਸਭੋ ਦੁਸਮਨੁ ਹੇਤੁ ॥੨॥ {ਪੰਨਾ ੭੯੦}

ਪਦ ਅਰਥ :—ਸਹੰਸ—ਹਜ਼ਾਰਾਂ । ਕਰੰਗ—ਮੁਰਦਾਰ । ਹੰਸੁ—ਜੀਵ-ਰੂਪ ਹੰਸ ਜਿਸ ਦੀ ਖ਼ੁਰਾਕ ਨਾਮ ਮੋਤੀ ਹੋਣੀ ਚਾਹੀਦੀ ਹੈ । ਜਿਤੁ—ਜਿਸ ਵਿਚ । ਹੇਤੁ—ਮੋਹ । ਸਭੋ ਹੇਤੁ—ਸਾਰਾ ਮੋਹ ।

ਅਰਥ :—(ਜੀਵ-) ਹੰਸ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਰੂਪ ਮੋਤੀ) ਛੱਡ ਕੇ (ਵਿਕਾਰ ਰੂਪ) ਮੁਰਦਾਰਾਂ (ਦੇ ਖਾਣ) ਵਿਚ ਲੱਗਾ ਹੋਇਆ ਹੈ (ਦਿਨੇ ਰਾਤ ਮੰਦ ਕਰਮ ਕਰਦਾ ਰਿਹਾ ਹੈ, ਸੋ, ਇਹਨਾਂ) ਦਿਨ ਦੇ ਵੇਲੇ (ਕੀਤੇ ਮੰਦ ਕਰਮਾਂ ਦੇ ਇਸ ਨੂੰ) ਸੌ ਉਲਾਮੇ ਮਿਲਦੇ ਹਨ ਤੇ ਰਾਤ ਵੇਲੇ (ਕੀਤਿਆਂ) ਦੇ ਹਜ਼ਾਰਾਂ ।

ਫਿਟੇ-ਮੂੰਹ ਅਜੇਹੇ ਜੀਊਣ ਨੂੰ ਜਿਸ ਵਿਚ ਸਿਰਫ਼ ਖਾ ਖਾ ਕੇ ਹੀ ਢਿੱਡ ਵਧਾ ਲਿਆ । ਹੇ ਨਾਨਕ! ਪ੍ਰਭੂ ਦੇ ਇਸ ਨਾਮ ਤੋਂ ਵਾਂਜੇ ਰਹਿਣ ਕਰਕੇ ਇਹ ਸਾਰਾ ਮੋਹ ਵੈਰੀ ਹੋ ਢੁਕਦਾ ਹੈ ।੨।

ਪਉੜੀ ॥ ਢਾਢੀ ਗੁਣ ਗਾਵੈ ਨਿਤ ਜਨਮੁ ਸਵਾਰਿਆ ॥ ਗੁਰਮੁਖਿ ਸੇਵਿ ਸਲਾਹਿ ਸਚਾ ਉਰਧਾਰਿਆ ॥ ਘਰੁ ਦਰੁ ਪਾਵੈ ਮਹਲੁ ਨਾਮੁ ਪਿਆਰਿਆ ॥ ਗੁਰਮੁਖਿ ਪਾਇਆ ਨਾਮੁ ਹਉ ਗੁਰ ਕਉ ਵਾਰਿਆ ॥ ਤੂ ਆਪਿ ਸਵਾਰਹਿ ਆਪਿ ਸਿਰਜਨਹਾਰਿਆ ॥੧੬॥ {ਪੰਨਾ ੭੯੦-੭੯੧}

ਅਰਥ :—ਢਾਢੀ ਸਦਾ ਪ੍ਰਭੂ ਦੇ ਗੁਣ ਗਾਉਂਦਾ ਹੈ ਤੇ ਆਪਣਾ ਜੀਵਨ ਸੋਹਣਾ ਬਣਾਂਦਾ ਹੈ; ਗੁਰੂ ਦੀ ਰਾਹੀਂ ਉਹ ਪ੍ਰਭੂ ਦੀ ਬੰਦਗੀ ਕਰ ਕੇ ਸਿਫ਼ਤਿ-ਸਾਲਾਹ ਕਰ ਕੇ ਸੱਚੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, ਪ੍ਰਭੂ ਦੇ ਨਾਮ ਨੂੰ ਪਿਆਰ ਕਰ ਕੇ ਉਹ ਪ੍ਰਭੂ ਦਾ ਘਰ, ਪ੍ਰਭੂ ਦਾ ਦਰ ਤੇ ਮਹਲ ਲੱਭ ਲੈਂਦਾ ਹੈ । ਮੈਂ ਕੁਰਬਾਨ ਹਾਂ ਗੁਰੂ ਤੋਂ, ਪ੍ਰਭੂ ਦਾ ਨਾਮ ਗੁਰੂ ਦੀ ਰਾਹੀਂ ਹੀ ਮਿਲਦਾ ਹੈ ।

ਹੇ ਸਿਰਜਣਹਾਰ ਪ੍ਰਭੂ! ਤੂੰ ਆਪ ਹੀ (ਗੁਰੂ ਦੇ ਰਾਹ ਤੇ ਤੋਰ ਕੇ ਜੀਵ ਦਾ) ਜੀਵਨ ਸਵਾਰਦਾ ਹੈਂ ।੧੬।

ਸਲੋਕ ਮਃ ੧ ॥ ਦੀਵਾ ਬਲੈ ਅੰਧੇਰਾ ਜਾਇ ॥ ਬੇਦ ਪਾਠ ਮਤਿ ਪਾਪਾ ਖਾਇ ॥ ਉਗਵੈ ਸੂਰੁ ਨ ਜਾਪੈ ਚੰਦੁ ॥ ਜਹ ਗਿਆਨ ਪ੍ਰਗਾਸੁ ਅਗਿਆਨੁ ਮਿਟੰਤੁ ॥ ਬੇਦ ਪਾਠ ਸੰਸਾਰ ਕੀ ਕਾਰ ॥ ਪੜ੍ਹਿ ਪੜ੍ਹਿ ਪੰਡਿਤ ਕਰਹਿ ਬੀਚਾਰ ॥ ਬਿਨੁ ਬੂਝੇ ਸਭ ਹੋਇ ਖੁਆਰ ॥ ਨਾਨਕ ਗੁਰਮੁਖਿ ਉਤਰਸਿ ਪਾਰਿ ॥੧॥ {ਪੰਨਾ ੭੯੧}

ਪਦ ਅਰਥ :—ਬੇਦ ਪਾਠ ਮਤਿ—ਵੇਦਾਂ ਦੇ ਪਾਠ ਵਾਲੀ ਮਤਿ, ਵੇਦ ਆਦਿਕ ਧਰਮ ਪੁਸਤਕਾਂ ਦੀ ਬਾਣੀ ਅਨੁਸਾਰ ਢਲੀ ਹੋਈ ਮਤਿ । ਪਾਪਾ ਖਾਇ—ਪਾਪਾਂ ਨੂੰ ਖਾ ਜਾਂਦੀ ਹੈ । ਬੇਦ ਪਾਠ—ਵੇਦਾਂ ਦੇ (ਨਿਰੇ) ਪਾਠ {ਨੋਟ :—"ਬੇਦ ਪਾਠ ਮਤਿ" ਅਤੇ "ਬੇਦ ਪਾਠ" ਦੇ ਫ਼ਰਕ ਵਲ ਧਿਆਨ ਦੇਣਾ ਜ਼ਰੂਰੀ ਹੈ} । ਸੰਸਾਰ ਕੀ ਕਾਰ—ਦੁਨੀਆਵੀ ਵਿਹਾਰ । ਬੀਚਾਰ । ਬੀਚਾਰ—ਅਰਥ-ਬੋਧ ।

{ਨੋਟ :—"ਪੜ੍ਹਿ ਪੜ੍ਹਿ" ਅਤੇ "ਬੂਝੇ" ਵਿਚ ਉਹੀ ਫ਼ਰਕ ਹੈ ਜੋ "ਬੇਦ ਪਾਠ" ਅਤੇ "ਬੇਦ ਪਾਠ ਮਤਿ" ਵਿਚ ਹੈ} ।

ਅਰਥ :—(ਜਿਵੇਂ ਜਦੋਂ) ਦੀਵਾ ਜਗਦਾ ਹੈ ਤਾਂ ਹਨੇਰਾ ਦੂਰ ਹੋ ਜਾਂਦਾ ਹੈ (ਏਸੇ ਤਰ੍ਹਾਂ) ਵੇਦ (ਆਦਿਕ ਧਰਮ-ਪੁਸਤਕਾਂ ਦੀ) ਬਾਣੀ ਅਨੁਸਾਰ ਢਲੀ ਹੋਈ ਮਤਿ ਪਾਪਾਂ ਦਾ ਨਾਸ ਕਰ ਦੇਂਦੀ ਹੈ; ਜਦੋਂ ਸੂਰਜ ਚੜ੍ਹ ਪੈਂਦਾ ਹੈ ਚੰਦ੍ਰਮਾ (ਚੜ੍ਹਿਆ ਹੋਇਆ) ਨਹੀਂ ਜਾਪਦਾ, (ਤਿਵੇਂ) ਜਿਥੇ ਮਤਿ ਉੱਜਲੀ (ਗਿਆਨ ਦਾ ਪ੍ਰਕਾਸ਼) ਹੋ ਜਾਏ ਓਥੇ ਅਗਿਆਨਤਾ ਮਿਟ ਜਾਂਦੀ ਹੈ ।

ਵੇਦ ਆਦਿਕ ਧਰਮ-ਪੁਸਤਕਾਂ ਦੇ (ਨਿਰੇ) ਪਾਠ ਤਾਂ ਦੁਨੀਆਵੀ ਵਿਹਾਰ (ਸਮਝੋ), ਵਿਦਵਾਨ ਲੋਕ ਇਹਨਾਂ ਨੂੰ ਪੜ੍ਹ ਪੜ੍ਹ ਕੇ ਇਹਨਾਂ ਦੇ ਸਿਰਫ਼ ਅਰਥ ਹੀ ਵਿਚਾਰਦੇ ਹਨ; ਜਦ ਤਕ ਮਤਿ ਨਹੀਂ ਬਦਲਦੀ (ਨਿਰੇ ਪਾਠ ਤੇ ਅਰਥ-ਵਿਚਾਰ ਨਾਲ ਤਾਂ) ਲੁਕਾਈ ਖ਼ੁਆਰ ਹੀ ਹੁੰਦੀ ਹੈ; ਹੇ ਨਾਨਕ! ਉਹ ਮਨੁੱਖ ਹੀ (ਪਾਪਾਂ ਦੇ ਹਨੇਰੇ ਤੋਂ) ਪਾਰ ਲੰਘਦਾ ਹੈ ਜਿਸ ਨੇ ਆਪਣੀ ਮਤਿ ਗੁਰੂ ਦੇ ਹਵਾਲੇ ਕਰ ਦਿੱਤੀ ਹੈ ।੧।

ਮਃ ੧ ॥ ਸਬਦੈ ਸਾਦੁ ਨ ਆਇਓ ਨਾਮਿ ਨ ਲਗੋ ਪਿਆਰੁ ॥ ਰਸਨਾ ਫਿਕਾ ਬੋਲਣਾ ਨਿਤ ਨਿਤ ਹੋਇ ਖੁਆਰੁ ॥ ਨਾਨਕ ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰੁ ॥੨॥ {ਪੰਨਾ ੭੯੧}

ਪਦ ਅਰਥ :—ਕਿਰਤਿ—{ਇਹ ਲਫ਼ਜ਼ "ਕਿਰਤੁ" ਤੋਂ "ਅਧਿਕਰਣ ਕਾਰਕ, ਇਕ-ਵਚਨ" ਹੈ; ਲਫ਼ਜ਼ "ਪਇਐ" ਭੀ "ਪਇਆ" ਤੋਂ "ਅਧਿਕਰਣ ਕਾਰਕ ਇਕ-ਵਚਨ" ਹੈ, ਦੋਵੇਂ ਰਲ ਕੇ ਉਹ "ਵਾਕ-ਅੰਸ਼" (ਫਹਰਓਸਏ)

ਬਣਾ ਰਹੇ ਹਨ ਜਿਸ ਨੂੰ ਅੰਗ੍ਰੇਜ਼ੀ ਵਿਚ ਲ਼ੋਚਓਟਵਿਏ ਅਬਸੋਲੁਟਏ ਆਖਦੇ ਹਨ । ਲਫ਼ਜ਼ "ਕਿਰਤ" ਦਾ ਅਰਥ ਹੈ "ਕੀਤਾ ਹੋਇਆ ਕੰਮ"; "ਪਇਆ" ਦਾ ਅਰਥ ਹੈ "ਇਕੱਠਾ ਹੋਇਆ ਹੋਇਆ"} । ਪਇਐ ਕਿਰਤਿ—ਪਿਛਲੇ ਕੀਤੇ ਕੰਮਾਂ ਦੇ ਇਕੱਠੇ ਹੋਏ ਸੰਸਕਾਰਾਂ ਅਨੁਸਾਰ ।

ਅਰਥ :—ਜਿਸ ਮਨੁੱਖ ਨੂੰ (ਕਦੇ) ਗੁਰ-ਸਬਦ ਦਾ ਰਸ ਨਹੀਂ ਆਇਆ, ਜਿਸ ਦਾ (ਕਦੇ) ਪ੍ਰਭੂ ਦੇ ਨਾਮ ਵਿਚ ਪਿਆਰ ਨਹੀਂ ਬਣਿਆ, ਉਹ ਜੀਭ ਨਾਲ ਫਿੱਕੇ ਬਚਨ ਬੋਲਦਾ ਹੈ ਤੇ ਸਦਾ ਹੀ ਖ਼ੁਆਰ ਹੁੰਦਾ ਰਹਿੰਦਾ ਹੈ ।

(ਪਰ), ਹੇ ਨਾਨਕ! (ਉਸ ਦੇ ਵੱਸ ਭੀ ਕੀਹ?) (ਹਰੇਕ ਜੀਵ) ਆਪਣੇ (ਹੁਣ ਤਕ ਦੇ) ਕੀਤੇ ਕਰਮਾਂ ਦੇ ਇਕੱਠੇ ਹੋਏ ਹੋਏ ਸੰਸਕਾਰਾਂ ਅਨੁਸਾਰ ਕੰਮ ਕਰਦਾ ਹੈ, ਕੋਈ ਬੰਦਾ ਇਸ ਬਣੇ ਹੋਏ ਗੇੜ ਨੂੰ ਆਪਣੇ ਉੱਦਮ ਨਾਲ) ਮਿਟਾ ਨਹੀਂ ਸਕਦਾ ।੨।

ਪਉੜੀ ॥ ਜਿ ਪ੍ਰਭੁ ਸਾਲਾਹੇ ਆਪਣਾ ਸੋ ਸੋਭਾ ਪਾਏ ॥ ਹਉਮੈ ਵਿਚਹੁ ਦੂਰਿ ਕਰਿ ਸਚੁ ਮੰਨਿ ਵਸਾਏ ॥ ਸਚੁ ਬਾਣੀ ਗੁਣ ਉਚਰੈ ਸਚਾ ਸੁਖੁ ਪਾਏ ॥ ਮੇਲੁ ਭਇਆ ਚਿਰੀ ਵਿਛੁੰਨਿਆ ਗੁਰਪੁਰਖਿ ਮਿਲਾਏ ॥ ਮਨੁ ਮੈਲਾ ਇਵ ਸੁਧੁ ਹੈ ਹਰਿ ਨਾਮੁ ਧਿਆਏ ॥੧੭॥ {ਪੰਨਾ ੭੯੧}

ਪਦ ਅਰਥ :—ਜਿ—ਜੋ ਮਨੁੱਖ । ਮੰਨਿ—ਮਨ ਵਿਚ {'ਮ' ਨੂੰ (ੰ) ਛੰਦ ਦੀ ਚਾਲ ਪੂਰੀ ਰੱਖਣ ਲਈ ਇਕ 'ਮਾਤ੍ਰਾ ਵਧਾਣ ਵਾਸਤੇ ਹੈ} । ਸਚੁ—ਪ੍ਰਭੂ ਦਾ ਨਾਮ । ਗੁਰ ਪੁਰਖਿ—ਸਤਿਗੁਰੂ ਮਰਦ ਨੇ । ਇਵ—ਇਸ ਤਰ੍ਹਾਂ ।

ਅਰਥ :—ਜੋ ਮਨੁੱਖ ਆਪਣੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਹ ਸੋਭਾ ਖੱਟਦਾ ਹੈ, ਮਨ ਵਿਚੋਂ 'ਹਉਮੈ' ਮਿਟਾ ਕੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਵਸਾਂਦਾ ਹੈ, ਸਤਿਗੁਰੂ ਦੀ ਬਾਣੀ ਦੀ ਰਾਹੀਂ ਪ੍ਰਭੂ ਦੇ ਗੁਣ ਉਚਾਰਦਾ ਹੈ ਤੇ ਨਾਮ ਸਿਮਰਦਾ ਹੈ (ਇਸ ਤਰ੍ਹਾਂ) ਅਸਲ ਸੁਖ ਮਾਣਦਾ ਹੈ, ਚਿਰ ਤੋਂ (ਰੱਬ ਨਾਲੋਂ) ਵਿਛੁੜੇ ਹੋਏ ਦਾ (ਮੁੜ ਰੱਬ ਨਾਲ) ਮੇਲ ਹੋ ਜਾਂਦਾ ਹੈ, ਸਤਿਗੁਰੂ ਮਰਦ ਨੇ (ਜੁ) ਮਿਲਾ ਦਿੱਤਾ । ਸੋ, ਪ੍ਰਭੂ ਦਾ ਨਾਮ ਸਿਮਰ ਕੇ ਇਸ ਤਰ੍ਹਾਂ ਮੈਲਾ ਮਨ ਪਵਿਤ੍ਰ ਹੋ ਜਾਂਦਾ ਹੈ ।੧੭।

ਸਲੋਕ ਮਃ ੧ ॥ ਕਾਇਆ ਕੂਮਲ ਫੁਲ ਗੁਣ ਨਾਨਕ ਗੁਪਸਿ ਮਾਲ ॥ ਏਨੀ ਫੁਲੀ ਰਉ ਕਰੇ ਅਵਰ ਕਿ ਚੁਣੀਅਹਿ ਡਾਲ ॥੧॥ {ਪੰਨਾ ੭੯੧}

ਪਦ ਅਰਥ :—ਕੂਮਲ—ਕੂਮਲੀ । ਗੁਪਸਿ—ਗੁੰਦਦਾ ਹੈ । ਮਾਲ—ਮਾਲਾ, ਹਾਰ । ਏਨੀ ਫੁਲੀ—(ਪ੍ਰਭੂ ਦੇ ਗੁਣ-ਰੂਪ) ਇਹਨਾਂ ਫੁੱਲਾਂ ਵਲ । ਰਉ—ਰੌ, ਧਿਆਨ, ਲਗਨ । ਅਵਰ ਡਾਲ—ਹੋਰ ਡਾਲੀਆਂ । ਕਿ—ਕੀਹ?

ਅਰਥ :—ਹੇ ਨਾਨਕ! ਸਰੀਰ (ਮਾਨੋ, ਫੁੱਲਾਂ ਵਾਲੇ ਬੂਟਿਆਂ ਦੀ) ਕੂਮਲੀ ਹੈ, (ਪਰਮਾਤਮਾ ਦੇ) ਗੁਣ (ਇਸ ਕੋਮਲ ਟਹਣੀ ਨੂੰ, ਮਾਨੋ) ਫੁੱਲ ਹਨ, (ਕੋਈ ਭਾਗਾਂ ਵਾਲਾ ਬੰਦਾ ਇਹਨਾਂ ਫੁੱਲਾਂ ਦਾ) ਹਾਰ ਗੁੰਦਦਾ ਹੈ; ਜੇ ਮਨੁੱਖ ਇਹਨਾਂ ਫੁੱਲਾਂ ਵਿਚ ਲਗਨ ਲਾਏ ਤਾਂ (ਮੂਰਤੀਆਂ ਅੱਗੇ ਭੇਟ ਰੱਖਣ ਲਈ) ਹੋਰ ਡਾਲੀਆਂ ਚੁਣਨ ਦੀ ਕੀਹ ਲੋੜ? ।੧।

ਮਹਲਾ ੨ ॥ ਨਾਨਕ ਤਿਨਾ ਬਸੰਤੁ ਹੈ ਜਿਨ੍ ਘਰਿ ਵਸਿਆ ਕੰਤੁ ॥ ਜਿਨ ਕੇ ਕੰਤ ਦਿਸਾਪੁਰੀ ਸੇ ਅਹਿਨਿਸਿ ਫਿਰਹਿ ਜਲੰਤ ॥੨॥ {ਪੰਨਾ ੭੯੧}

ਪਦ ਅਰਥ :—ਦਿਸਾ—ਪਾਸਾ, ਤਰਫ਼, ਲਾਭ । ਦਿਸਾ ਪੁਰੀ—ਕਿਸੇ ਲਾਭ ਦੇ ਨਗਰ ਵਿਚ, ਪਰਦੇਸ ਵਿਚ । ਅਹਿ—ਦਿਨ । ਨਿਸਿ—ਰਾਤ ।

ਅਰਥ :—ਹੇ ਨਾਨਕ! ਜਿਨ੍ਹਾਂ (ਜੀਵ-) ਇਸਤ੍ਰੀਆਂ ਦਾ ਖਸਮ ਘਰ ਵਿਚ ਵੱਸਦਾ ਹੈ ਉਹਨਾਂ ਦੇ ਭਾ ਦੀ ਬਸੰਤ ਰੁੱਤ ਆਈ ਹੋਈ ਹੈ; ਪਰ ਜਿਨ੍ਹਾਂ ਦੇ ਖਸਮ ਪਰਦੇਸ ਵਿਚ (ਗਏ ਹੋਏ) ਹਨ, ਉਹ ਦਿਨ ਰਾਤ ਸੜਦੀਆਂ ਫਿਰਦੀਆਂ ਹਨ ।੨।

ਪਉੜੀ ॥ ਆਪੇ ਬਖਸੇ ਦਇਆ ਕਰਿ ਗੁਰ ਸਤਿਗੁਰ ਬਚਨੀ ॥ ਅਨਦਿਨੁ ਸੇਵੀ ਗੁਣ ਰਵਾ ਮਨੁ ਸਚੈ ਰਚਨੀ ॥ ਪ੍ਰਭੁ ਮੇਰਾ ਬੇਅੰਤੁ ਹੈ ਅੰਤੁ ਕਿਨੈ ਨ ਲਖਨੀ ॥ ਸਤਿਗੁਰ ਚਰਣੀ ਲਗਿਆ ਹਰਿ ਨਾਮੁ ਨਿਤ ਜਪਨੀ ॥ ਜੋ ਇਛੈ ਸੋ ਫਲੁ ਪਾਇਸੀ ਸਭਿ ਘਰੈ ਵਿਚਿ ਜਚਨੀ ॥੧੮॥ {ਪੰਨਾ ੭੯੧}

ਪਦ ਅਰਥ :—ਅਨਦਿਨੁ—ਹਰ ਰੋਜ਼ । ਸੇਵੀ—ਮੈਂ ਸੇਵਾ ਕਰਾਂ, ਸਿਮਰਾਂ । ਰਵਾ—ਉਚਾਰਾਂ, ਚੇਤੇ ਕਰਾਂ । ਰਚਨੀ—ਜੁੜੇ । ਸਭਿ ਜਚਨੀ—ਸਾਰੀਆਂ ਮੰਗਾਂ ।

ਅਰਥ :—ਗੁਰੂ ਸਤਿਗੁਰੂ ਦੀ ਬਾਣੀ ਵਿਚ ਜੋੜ ਕੇ ਪ੍ਰਭੂ ਆਪ ਹੀ ਮਿਹਰ ਕਰ ਕੇ ('ਨਾਮ' ਦੀ) ਬਖ਼ਸ਼ਸ਼ ਕਰਦਾ ਹੈ ।

(ਹੇ ਪ੍ਰਭੂ! ਮਿਹਰ ਕਰ) ਮੈਂ ਹਰ ਵੇਲੇ ਤੈਨੂੰ ਸਿਮਰਾਂ ਤੇਰੇ ਗੁਣ ਚੇਤੇ ਕਰਾਂ ਤੇ ਮੇਰਾ ਮਨ ਤੈਂ ਸੱਚੇ ਵਿਚ ਜੁੜਿਆ ਰਹੇ ।

ਮੇਰਾ ਪਰਮਾਤਮਾ ਬੇਅੰਤ ਹੈ ਕਿਸੇ ਜੀਵ ਨੇ ਉਸ ਦਾ ਅੰਤ ਨਹੀਂ ਪਾਇਆ; ਗੁਰੂ ਦੀ ਸਰਨ ਪਿਆਂ ਪ੍ਰਭੂ ਦਾ ਨਾਮ ਨਿੱਤ ਸਿਮਰਿਆ ਜਾ ਸਕਦਾ ਹੈ । (ਜੋ ਸਿਮਰਦਾ ਹੈ) ਉਸ ਦੀਆਂ ਸਾਰੀਆਂ ਲੋੜਾਂ ਘਰ ਵਿਚ ਹੀ ਪੂਰੀਆਂ ਹੋ ਜਾਂਦੀਆਂ ਹਨ, ਉਹ ਜਿਸ ਫਲ ਦੀ ਤਾਂਘ ਕਰਦਾ ਹੈ ਉਹੀ ਉਸ ਨੂੰ ਮਿਲ ਜਾਂਦਾ ਹੈ ।੧੮।

ਸਲੋਕ ਮਃ ੧ ॥ ਪਹਿਲ ਬਸੰਤੈ ਆਗਮਨਿ ਪਹਿਲਾ ਮਉਲਿਓ ਸੋਇ ॥ ਜਿਤੁ ਮਉਲਿਐ ਸਭ ਮਉਲੀਐ ਤਿਸਹਿ ਨ ਮਉਲਿਹੁ ਕੋਇ ॥੧॥

ਪਦ ਅਰਥ :—ਆਗਮਨ—ਆਉਣਾ । ਆਗਮਨਿ—ਆਉਣ ਤੋਂ । ਬਸੰਤੈ ਆਗਮਨਿ—ਬਸੰਤ ਦੇ ਆਉਣ ਤੋਂ । ਮਉਲਿਓ—ਖਿੜਿਆ ਹੋਇਆ । ਜਿਤੁ ਮਉਲਿਐ—ਜਿਸ ਦੇ ਖਿੜਨ ਨਾਲ ।

ਅਰਥ :—ਜੋ ਪ੍ਰਭੂ ਬਸੰਤ ਰੁੱਤ ਆਉਣ ਤੋਂ ਪਹਿਲਾਂ ਦਾ ਹੈ ਉਹ ਹੀ ਸਭ ਤੋਂ ਪਹਿਲਾਂ ਦਾ ਖਿੜਿਆ ਹੋਇਆ ਹੈ, ਉਸ ਦੇ ਖਿੜਨ ਨਾਲ ਸਾਰੀ ਸ੍ਰਿਸ਼ਟੀ ਖਿੜਦੀ ਹੈ ਪਰ ਉਸ ਨੂੰ ਹੋਰ ਕੋਈ ਨਹੀਂ ਖਿੜਾਂਦਾ ।੨।

ਮਃ ੨ ॥ ਪਹਿਲ ਬਸੰਤੈ ਆਗਮਨਿ ਤਿਸ ਕਾ ਕਰਹੁ ਬੀਚਾਰੁ ॥ ਨਾਨਕ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ ॥੨॥ {ਪੰਨਾ ੭੯੧}

ਅਰਥ :—ਉਸ ਪ੍ਰਭੂ (ਦੇ ਗੁਣਾਂ) ਦੀ ਵਿਚਾਰ ਕਰੋ ਜੋ ਬਸੰਤ ਰੁੱਤ ਦੇ ਆਉਣ ਤੋਂ ਪਹਿਲਾਂ ਦਾ ਹੈ (ਭਾਵ, ਜਿਸ ਦੀ ਬਰਕਤਿ ਨਾਲ ਸਾਰਾ ਜਗਤ ਮਉਲਦਾ ਹੈ); ਹੇ ਨਾਨਕ! ਉਸ ਪ੍ਰਭੂ ਨੂੰ ਸਿਮਰੀਏ ਜੋ ਸਭ ਦਾ ਆਸਰਾ ਹੈ ।੨।

ਮਃ ੨ ॥ ਮਿਲਿਐ ਮਿਲਿਆ ਨਾ ਮਿਲੈ ਮਿਲੈ ਮਿਲਿਆ ਜੇ ਹੋਇ ॥ ਅੰਤਰ ਆਤਮੈ ਜੋ ਮਿਲੈ ਮਿਲਿਆ ਕਹੀਐ ਸੋਇ ॥੩॥ {ਪੰਨਾ ੭੯੧}

ਅਰਥ :—ਨਿਰਾ ਕਹਿਣ ਨਾਲ ਕਿ ਮੈਂ ਮਿਲਿਆ ਹੋਇਆ ਹਾਂ ਮੇਲ ਨਹੀਂ ਹੁੰਦਾ, ਮੇਲ ਤਾਂ ਹੀ ਹੁੰਦਾ ਹੈ ਜੇ ਸਚੁ-ਮੁਚ ਮਿਲਿਆ ਹੋਵੇ; ਜੋ ਅੰਦਰੋਂ ਆਤਮਾ ਵਿਚ ਮਿਲੇ, ਉਸ ਨੂੰ ਮਿਲਿਆ ਹੋਇਆ ਆਖਣਾ ਚਾਹੀਦਾ ਹੈ ।੩।

ਪਉੜੀ ॥ ਹਰਿ ਹਰਿ ਨਾਮੁ ਸਲਾਹੀਐ ਸਚੁ ਕਾਰ ਕਮਾਵੈ ॥ ਦੂਜੀ ਕਾਰੈ ਲਗਿਆ ਫਿਰਿ ਜੋਨੀ ਪਾਵੈ ॥ ਨਾਮਿ ਰਤਿਆ ਨਾਮੁ ਪਾਈਐ ਨਾਮੇ ਗੁਣ ਗਾਵੈ ॥ ਗੁਰ ਕੈ ਸਬਦਿ ਸਲਾਹੀਐ ਹਰਿ ਨਾਮਿ ਸਮਾਵੈ ॥ ਸਤਿਗੁਰ ਸੇਵਾ ਸਫਲ ਹੈ ਸੇਵਿਐ ਫਲ ਪਾਵੈ ॥੧੯॥ {ਪੰਨਾ ੭੯੧}

ਅਰਥ :—ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ (ਜੋ ਸਿਮਰਨ ਵਿਚ ਲੱਗਦਾ ਹੈ ਉਹ) ਇਹ ਸਿਮਰਨ ਦੀ ਕਾਰ ਸਦਾ ਕਰਦਾ ਹੈ ।

'ਨਾਮ' ਤੋਂ ਬਿਨਾ ਹੋਰ ਆਹਰਾਂ ਵਿਚ ਰੁੱਝਿਆ ਮੁੜ ਮੁੜ ਜੂਨਾਂ ਵਿਚ ਮਨੁੱਖ ਪੈਂਦਾ ਹੈ ।

'ਨਾਮ' ਵਿਚ ਜੁੜਿਆਂ 'ਨਾਮ' ਹੀ ਕਮਾਈਦਾ ਹੈ ਪ੍ਰਭੂ ਦੇ ਹੀ ਗੁਣ ਗਾਈਦੇ ਹਨ । ਜਿਸ ਨੇ ਗੁਰ-ਸਬਦ ਦੀ ਰਾਹੀਂ ਸਿਫ਼ਤਿ-ਸਾਲਾਹ ਕੀਤੀ ਹੈ ਉਹ ਨਾਮ ਵਿਚ ਹੀ ਲੀਨ ਰਹਿੰਦਾ ਹੈ । ਗੁਰੂ ਦੇ ਹੁਕਮ ਵਿਚ ਤੁਰਨਾ ਬੜਾ ਗੁਣਕਾਰੀ ਹੈ, ਹੁਕਮ ਵਿਚ ਤੁਰਿਆਂ ਨਾਮ-ਧਨ ਰੂਪ ਫਲ ਮਿਲਦਾ ਹੈ ।੧੯।

ਸਲੋਕ ਮਃ ੨ ॥ ਕਿਸ ਹੀ ਕੋਈ ਕੋਇ ਮੰਞੁ ਨਿਮਾਣੀ ਇਕੁ ਤੂ ॥ ਕਿਉ ਨ ਮਰੀਜੈ ਰੋਇ ਜਾ ਲਗੁ ਚਿਤਿ ਨ ਆਵਹੀ ॥੧॥ {ਪੰਨਾ ੭੯੧-੭੯੨}

ਅਰਥ :—(ਹੇ ਪ੍ਰਭੂ !) ਕਿਸੇ ਦਾ ਕੋਈ (ਮਿਥਿਆ) ਆਸਰਾ ਹੈ, ਕਿਸੇ ਦਾ ਕੋਈ ਆਸਰਾ ਹੈ, ਮੈਂ ਨਿਮਾਣੀ ਦਾ ਇਕ ਤੂੰ ਹੀ ਤੂੰ ਹੈਂ । ਜਦ ਤਕ ਤੂੰ ਮੇਰੇ ਚਿੱਤ ਵਿਚ ਨਾਹ ਵਸੇਂ, ਕਿਉਂ ਨ ਰੋ ਕੇ ਮਰਾਂ? (ਤੈਨੂੰ ਵਿਸਾਰ ਕੇ ਦੁੱਖਾਂ ਵਿਚ ਹੀ ਖਪੀਦਾ ਹੈ) ।੧।

ਮਃ ੨ ॥ ਜਾਂ ਸੁਖੁ ਤਾ ਸਹੁ ਰਾਵਿਓ ਦੁਖਿ ਭੀ ਸੰਮ੍ਹਾਲਿਓਇ ॥ ਨਾਨਕੁ ਕਹੈ ਸਿਆਣੀਏ ਇਉ ਕੰਤ ਮਿਲਾਵਾ ਹੋਇ ॥੨॥ {ਪੰਨਾ ੭੯੨}

ਅਰਥ :—ਜੇ ਸੁਖ ਹੈ ਤਾਂ ਭੀ ਖਸਮ-ਪ੍ਰਭੂ ਨੂੰ ਯਾਦ ਕਰੀਏ, ਦੁੱਖ ਵਿਚ ਭੀ ਮਾਲਕ ਨੂੰ ਚੇਤੇ ਰੱਖੀਏ, ਤਾਂ, ਨਾਨਕ ਆਖਦਾ ਹੈ, ਹੇ ਸਿਆਣੀ ਜੀਵ-ਇਸਤ੍ਰੀਏ ! ਇਸ ਤਰ੍ਹਾਂ ਖਸਮ ਨਾਲ ਮੇਲ ਹੁੰਦਾ ਹੈ ।੨।

ਪਉੜੀ ॥ ਹਉ ਕਿਆ ਸਾਲਾਹੀ ਕਿਰਮ ਜੰਤੁ ਵਡੀ ਤੇਰੀ ਵਡਿਆਈ ॥ ਤੂ ਅਗਮ ਦਇਆਲੁ ਅਗੰਮੁ ਹੈ ਆਪਿ ਲੈਹਿ ਮਿਲਾਈ ॥ ਮੈ ਤੁਝ ਬਿਨੁ ਬੇਲੀ ਕੋ ਨਹੀ ਤੂ ਅੰਤਿ ਸਖਾਈ ॥ ਜੋ ਤੇਰੀ ਸਰਣਾਗਤੀ ਤਿਨ ਲੈਹਿ ਛਡਾਈ ॥ ਨਾਨਕ ਵੇਪਰਵਾਹੁ ਹੈ ਤਿਸੁ ਤਿਲੁ ਨ ਤਮਾਈ ॥੨੦॥੧॥ {ਪੰਨਾ ੭੯੨}

ਅਰਥ :—ਹੇ ਪ੍ਰਭੂ ! ਮੈਂ ਇਕ ਕੀੜਾ ਜਿਹਾ ਹਾਂ, ਤੇਰੀ ਵਡਿਆਈ ਵੱਡੀ ਹੈ, ਮੈਂ ਤੇਰੇ ਕੀਹ ਕੀਹ ਗੁਣ ਬਿਆਨ ਕਰਾਂ? ਤੂੰ ਬੜਾ ਹੀ ਦਿਆਲ ਹੈਂ, ਅਪਹੁੰਚ ਹੈਂ ਤੂੰ ਆਪ ਹੀ ਆਪਣੇ ਨਾਲ ਮਿਲਾਂਦਾ ਹੈਂ । ਮੈਨੂੰ ਤੈਥੋਂ ਬਿਨਾ ਕੋਈ ਬੇਲੀ ਨਹੀਂ ਦਿੱਸਦਾ, ਆਖ਼ਰ ਤੂੰ ਹੀ ਸਾਥੀ ਹੋ ਕੇ ਪੁਕਾਰਦਾ ਹੈਂ, ਜੋ ਜੋ ਜੀਵ ਤੇਰੀ ਸਰਨ ਆਉਂਦਾ ਹੈ ਉਹਨਾਂ ਨੂੰ (ਹਉਮੈ ਦੇ ਗੇੜ ਤੋਂ) ਬਚਾ ਲੈਂਦਾ ਹੈਂ ।

ਹੇ ਨਾਨਕ ! ਪ੍ਰਭੂ ਆਪ ਬੇ-ਮੁਥਾਜ ਹੈ, ਉਸ ਨੂੰ ਰਤਾ ਭੀ ਕੋਈ ਲਾਲਚ ਨਹੀਂ ਹੈ ।੨੦।੧।

ਰਾਗੁ ਸੂਹੀ ਬਾਣੀ ਸ੍ਰੀ ਕਬੀਰ ਜੀਉ

ਤਥਾ ਸਭਨਾ ਭਗਤਾ ਕੀ ॥ ਕਬੀਰ ਕੇ ॥

ੴ ਸਤਿਗੁਰ ਪ੍ਰਸਾਦਿ ॥ ਅਵਤਰਿ ਆਇ ਕਹਾ ਤੁਮ ਕੀਨਾ ॥ ਰਾਮ ਕੋ ਨਾਮੁ ਨ ਕਬਹੂ ਲੀਨਾ ॥੧॥ ਰਾਮ ਨ ਜਪਹੁ ਕਵਨ ਮਤਿ ਲਾਗੇ ॥ ਮਰਿ ਜਇਬੇ ਕਉ ਕਿਆ ਕਰਹੁ ਅਭਾਗੇ ॥੧॥ ਰਹਾਉ ॥ ਦੁਖ ਸੁਖ ਕਰਿ ਕੈ ਕੁਟੰਬੁ ਜੀਵਾਇਆ ॥ ਮਰਤੀ ਬਾਰ ਇਕਸਰ ਦੁਖੁ ਪਾਇਆ ॥੨॥ ਕੰਠ ਗਹਨ ਤਬ ਕਰਨ ਪੁਕਾਰਾ ॥ ਕਹਿ ਕਬੀਰ ਆਗੇ ਤੇ ਨ ਸੰਮ੍ਹਾਰਾ ॥੩॥੧॥ {ਪੰਨਾ ੭੯੨}

ਪਦ ਅਰਥ :—ਅਵਤਰਿ—ਉਤਰ ਕੇ, ਅਵਤਾਰ ਲੈ ਕੇ, ਜਨਮ ਲੈ ਕੇ । ਆਇ—(ਜਗਤ ਵਿਚ) ਆ ਕੇ, (ਮਨੁੱਖਾ ਜਨਮ ਵਿਚ) ਆ ਕੇ । ਕਹਾ—ਕੀਹ? ਕੋ—ਦਾ । ਕਬਹੂ—ਕਦੇ ਭੀ ।੧।

ਨ ਜਪਹੁ—ਤੂੰ ਨਹੀਂ ਸਿਮਰਦਾ । ਮਰਿ ਜਇਬੇ ਕਉ—ਮਰਨ ਵੇਲੇ ਲਈ । ਕਰਹੁ—ਤੁਸੀ ਕਰ ਰਹੇ ਹੋ । ਅਭਾਗੇ—ਹੇ ਭਾਗ-ਹੀਣ ! ।ਰਹਾਉ।

ਦੁਖ ਸੁਖ ਕਰਿ ਕੈ—ਔਖ ਸੌਖ ਸਹਾਰ ਕੇ, ਕਈ ਤਰ੍ਹਾਂ ਦੀਆਂ ਔਖਿਆਈਆਂ ਸਹਿ ਕੇ । ਜੀਵਾਇਆ—ਪਾਲਿਆ । ਇਕਸਰ—ਇਕੱਲਿਆਂ ਹੀ ।੨।

ਕੰਠ ਗਹਨ—ਗਲੋਂ ਫੜਨ (ਵੇਲੇ) । ਕਰਨ ਪੁਕਾਰਾ—ਪੁਕਾਰਾਂ ਕਰਨ ਦਾ (ਕੀਹ ਲਾਭ?) । ਕਹਿ—ਕਹੇ, ਆਖਦਾ ਹੈ । ਆਗੇ ਤੇ—ਮਰਨ ਤੋਂ ਪਹਿਲਾਂ ਹੀ । ਸੰਮ੍ਹਾਰਾ—ਯਾਦ ਕੀਤਾ ।੩।

ਅਰਥ :—(ਹੇ ਭਾਈ !) ਤੂੰ ਪਰਮਾਤਮਾ ਦਾ ਨਾਮ (ਤਾਂ) ਕਦੇ ਸਿਮਰਿਆ ਨਹੀਂ, ਫਿਰ ਜਗਤ ਵਿਚ ਆ ਕੇ ਜਨਮ ਲੈ ਕੇ ਤੂੰ ਕੀਹ ਕੀਤਾ? (ਭਾਵ, ਤੂੰ ਕੁਝ ਭੀ ਨਾਹ ਖੱਟਿਆ) ।੧।

ਹੇ ਭਾਗ-ਹੀਣ ਬੰਦੇ ! ਤੂੰ ਮਰਨ ਦੇ ਵੇਲੇ ਲਈ ਕੀਹ ਤਿਆਰੀ ਕਰ ਰਿਹਾ ਹੈਂ? ਤੂੰ ਪ੍ਰਭੂ ਦਾ ਨਾਮ ਨਹੀਂ ਸਿਮਰਦਾ, ਕਿਹੜੀ (ਕੋਝੀ) ਮੱਤੇ ਲੱਗਾ ਹੋਇਆ ਹੈਂ? ।ਰਹਾਉ।

ਕਈ ਤਰ੍ਹਾਂ ਦੀਆਂ ਔਖਿਆਈਆਂ ਸਹਾਰ ਕੇ ਤੂੰ (ਸਾਰੀ ਉਮਰ) ਕੁਟੰਬ ਹੀ ਪਾਲਦਾ ਰਿਹਾ, ਪਰ ਮਰਨ ਵੇਲੇ ਤੈਨੂੰ ਇਕੱਲਿਆਂ ਹੀ (ਆਪਣੀਆਂ ਗ਼ਲਤੀਆਂ ਬਦਲੇ) ਦੁੱਖ ਸਹਾਰਨਾ ਪਿਆ (ਭਾਵ, ਪਏਗਾ) ।੨।

ਕਬੀਰ ਆਖਦਾ ਹੈ—(ਜਦੋਂ ਜਮਾਂ ਨੇ ਤੈਨੂੰ) ਗਲੋਂ ਆ ਫੜਿਆ (ਭਾਵ, ਜਦੋਂ ਮੌਤ ਸਿਰ ਤੇ ਆ ਗਈ), ਤਦੋਂ ਰੋਣ ਪੁਕਾਰਨ (ਤੋਂ ਕੋਈ ਲਾਭ ਨਹੀਂ ਹੋਵੇਗਾ); (ਉਹ ਵੇਲਾ ਆਉਣ ਤੋਂ) ਪਹਿਲਾਂ ਹੀ ਕਿਉਂ ਤੂੰ ਪਰਮਾਤਮਾ ਨੂੰ ਯਾਦ ਨਹੀਂ ਕਰਦਾ? ।੩।੧।

ਸ਼ਬਦ ਦਾ ਭਾਵ :—ਸਿਮਰਨ ਤੋਂ ਬਿਨਾ ਜੀਵਨ ਅਜਾਈਂ ਜਾਂਦਾ ਹੈ । ਮੌਤ ਆਇਆਂ ਪਛਤਾਣ ਦਾ ਕੋਈ ਲਾਭ ਨਹੀਂ ਹੁੰਦਾ । ਪਹਿਲਾਂ ਹੀ ਵੇਲੇ ਸਿਰ ਸੰਭਲਣਾ ਚਾਹੀਦਾ ਹੈ ।

ਸੂਹੀ ਕਬੀਰ ਜੀ ॥ ਥਰਹਰ ਕੰਪੈ ਬਾਲਾ ਜੀਉ ॥ ਨਾ ਜਾਨਉ, ਕਿਆ ਕਰਸੀ ਪੀਉ ॥੧॥ ਰੈਨਿ ਗਈ, ਮਤ ਦਿਨੁ ਭੀ ਜਾਇ ॥ ਭਵਰ ਗਏ, ਬਗ ਬੈਠੇ ਆਇ ॥੧॥ ਰਹਾਉ ॥ ਕਾਚੈ ਕਰਵੈ ਰਹੈ ਨ ਪਾਨੀ ॥ ਹੰਸੁ ਚਲਿਆ, ਕਾਇਆ ਕੁਮਲਾਨੀ ॥੨॥ ਕੁਆਰ ਕੰਨਿਆ ਜੈਸੇ ਕਰਤ ਸੀਗਾਰਾ ॥ ਕਿਉ ਰਲੀਆ ਮਾਨੈ ਬਾਝੁ ਭਤਾਰਾ ॥੩॥ ਕਾਗ ਉਡਾਵਤ ਭੁਜਾ ਪਿਰਾਨੀ ॥ ਕਹਿ ਕਬੀਰ ਇਹ ਕਥਾ ਸਿਰਾਨੀ ॥੪॥੨॥ {ਪੰਨਾ ੭੯੨}

ਪਦ ਅਰਥ :—ਥਰਹਰ ਕੰਪੈ—ਥਰ ਥਰ ਕੰਬਦਾ ਹੈ, ਬਹੁਤ ਸਹਿਮਿਆ ਹੋਇਆ ਹੈ । ਬਾਲਾ ਜੀਉ—ਅੰਞਾਣੀ ਜਿੰਦ । ਨਾ ਜਾਨਉ—ਮੈਨੂੰ ਪਤਾ ਨਹੀਂ, ਮੈਂ ਨਹੀਂ ਜਾਣਦਾ । ਪੀਉ—ਪਤੀ-ਪ੍ਰਭੂ ।੧।

ਰੈਨਿ—ਰਾਤ, ਜੁਆਨੀ ਦੀ ਉਮਰ ਜਦੋਂ ਕੇਸ ਕਾਲੇ ਹੁੰਦੇ ਹਨ । ਦਿਨੁ—ਬੁਢੇਪੇ ਦਾ ਸਮਾ ਜਦੋਂ ਕੇਸ ਚਿੱਟੇ ਹੋ ਗਏ । ਭਵਰ—ਭਵਰ ਵਰਗੇ ਕਾਲੇ ਕੇਸ । ਬਗ—ਬਗਲੇ ਵਰਗੇ ਚਿਟੇ ਕੇਸ ।੧।ਰਹਾਉ।

ਕਾਚੈ ਕਰਵੈ—ਕੱਚੇ ਕੁੱਜੇ ਵਿਚ । ਹੰਸੁ—ਜੀਵ-ਆਤਮਾ । ਕਾਇਆ—ਸਰੀਰ ।੨।

ਕੁਆਰ—ਕੁਆਰੀ । ਕੰਨਿਆ—ਕੁੜੀ । ਰਲੀਆ—ਅਨੰਦ । ਬਾਝੁ—ਬਿਨਾ ।੩।

ਕਾਗ ਉਡਾਵਤ—(ਉਡੀਕ ਵਿਚ) ਕਾਂ ਉਡਾਉਂਦਿਆਂ । ਭੁਜਾ—ਬਾਂਹ । ਪਿਰਾਨੀ—ਥਕ ਗਈ ਹੈ । ਕਥਾ—ਉਮਰ ਦੀ ਕਹਾਣੀ (ਭਾਵ, ਉਮਰ) । ਸਿਰਾਨੀ—ਮੁੱਕ ਚੱਲੀ ਹੈ ।੪।

ਅਰਥ :—(ਮੇਰੇ) ਕਾਲੇ ਕੇਸ ਚਲੇ ਗਏ ਹਨ (ਉਹਨਾਂ ਦੇ ਥਾਂ) ਧੌਲੇ ਆ ਗਏ ਹਨ । (ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਹੀ ਮੇਰੀ) ਜੁਆਨੀ ਦੀ ਉਮਰ ਲੰਘ ਗਈ ਹੈ । (ਮੈਨੂੰ ਹੁਣ ਇਹ ਡਰ ਹੈ ਕਿ) ਕਿਤੇ (ਇਸੇ ਤਰ੍ਹਾਂ) ਬੁਢੇਪਾ ਭੀ ਨਾਹ ਲੰਘ ਜਾਏ ।੧।ਰਹਾਉ।

(ਇਤਨੀ ਉਮਰ ਭਗਤੀ ਤੋਂ ਬਿਨਾ ਲੰਘ ਜਾਣ ਕਰਕੇ ਹੁਣ) ਮੇਰੀ ਅੰਞਾਣ ਜਿੰਦ ਬਹੁਤ ਸਹਿਮੀ ਹੋਈ ਹੈ ਕਿ ਪਤਾ ਨਹੀਂ ਪਤੀ ਪ੍ਰਭੂ (ਮੇਰੇ ਨਾਲ) ਕੀਹ ਸਲੂਕ ਕਰੇਗਾ ।੧।

(ਹੁਣ ਤਕ ਬੇ-ਪਰਵਾਹੀ ਵਿਚ ਖ਼ਿਆਲ ਹੀ ਨਾਹ ਕੀਤਾ ਕਿ ਇਹ ਸਰੀਰ ਤਾਂ ਕੱਚੇ ਭਾਂਡੇ ਵਾਂਗ ਹੈ) ਕੱਚੇ ਕੁੱਜੇ ਵਿਚ ਪਾਣੀ ਟਿਕਿਆ ਨਹੀਂ ਰਹਿ ਸਕਦਾ (ਸੁਆਸ ਬੀਤਦੇ ਗਏ, ਹੁਣ) ਸਰੀਰ ਕੁਮਲਾ ਰਿਹਾ ਹੈ ਤੇ (ਜੀਵ-) ਭੌਰ ਉਡਾਰੀ ਮਾਰਨ ਨੂੰ ਤਿਆਰ ਹੈ (ਪਰ ਆਪਣਾ ਕੁੱਝ ਭੀ ਨਾਹ ਸਵਾਰਿਆ) ।੨।

ਜਿਵੇਂ ਕੁਆਰੀ ਲੜਕੀ ਸ਼ਿੰਗਾਰ ਕਰਦੀ ਰਹੇ, ਪਤੀ ਮਿਲਣ ਤੋਂ ਬਿਨਾ (ਇਹਨਾਂ ਸ਼ਿੰਗਾਰਾਂ ਦਾ) ਉਸ ਨੂੰ ਕੋਈ ਅਨੰਦ ਨਹੀਂ ਆ ਸਕਦਾ, (ਤਿਵੇਂ ਮੈਂ ਭੀ ਸਾਰੀ ਉਮਰ ਨਿਰੇ ਸਰੀਰ ਦੀ ਖ਼ਾਤਰ ਹੀ ਆਹਰ-ਪਾਹਰ ਕੀਤੇ, ਪ੍ਰਭੂ ਨੂੰ ਵਿਸਾਰਨ ਕਰਕੇ ਕੋਈ ਆਤਮਕ ਸੁਖ ਨਾਹ ਮਿਲਿਆ) ।੩।

ਕਬੀਰ ਆਖਦਾ ਹੈ—(ਹੇ ਪਤੀ-ਪ੍ਰਭੂ ! ਹੁਣ ਤਾਂ ਆ ਮਿਲ, ਤੇਰੀ ਉਡੀਕ ਵਿਚ) ਕਾਂ ਉਡਾਂਦਿਆਂ ਮੇਰੀ ਬਾਂਹ ਭੀ ਥੱਕ ਗਈ ਹੈ, (ਤੇ ਉਧਰੋਂ ਮੇਰੀ ਉਮਰ ਦੀ) ਕਹਾਣੀ ਹੀ ਮੁੱਕਣ ਤੇ ਆ ਗਈ ਹੈ ।੪।੨।

ਸ਼ਬਦ ਦਾ ਭਾਵ :—ਸਿਮਰਨ ਤੋਂ ਬਿਨਾ ਉਮਰ ਗੰਵਾ ਕੇ ਆਖ਼ਰ ਪਛਤਾਣਾ ਪੈਂਦਾ ਹੈ ਕਿ ਅਗਾਂਹ ਕੀਹ ਬਣੇਗਾ ।

ਸੂਹੀ ਕਬੀਰ ਜੀਉ ॥ ਅਮਲੁ ਸਿਰਾਨੋ, ਲੇਖਾ ਦੇਨਾ ॥ ਆਏ ਕਠਿਨ ਦੂਤ ਜਮ ਲੇਨਾ ॥ ਕਿਆ ਤੈ ਖਟਿਆ ਕਹਾ ਗਵਾਇਆ ॥ ਚਲਹੁ ਸਿਤਾਬ, ਦੀਬਾਨਿ ਬੁਲਾਇਆ ॥੧॥ ਚਲੁ ਦਰਹਾਲੁ, ਦੀਵਾਨਿ ਬੁਲਾਇਆ ॥ ਹਰਿ ਫੁਰਮਾਨੁ ਦਰਗਹ ਕਾ ਆਇਆ ॥੧॥ ਰਹਾਉ ॥ ਕਰਉ ਅਰਦਾਸਿ, ਗਾਵ ਕਿਛੁ ਬਾਕੀ ॥ ਲੇਉ ਨਿਬੇਰਿ ਆਜੁ ਕੀ ਰਾਤੀ ॥ ਕਿਛੁ ਭੀ ਖਰਚੁ ਤੁਮ੍ਾਰਾ ਸਾਰਉ ॥ ਸੁਬਹ ਨਿਵਾਜ ਸਰਾਇ ਗੁਜਾਰਉ ॥੨॥ ਸਾਧ ਸੰਗਿ ਜਾ ਕਉ ਹਰਿ ਰੰਗੁ ਲਾਗਾ ॥ ਧਨੁ ਧਨੁ ਸੋ ਜਨੁ ਪੁਰਖੁ ਸਭਾਗਾ ॥ ਈਤ ਊਤ ਜਨ ਸਦਾ ਸੁਹੇਲੇ ॥ ਜਨਮੁ ਪਦਾਰਥੁ ਜੀਤਿ ਅਮੋਲੇ ॥੩॥ ਜਾਗਤੁ ਸੋਇਆ, ਜਨਮੁ ਗਵਾਇਆ ॥ ਮਾਲੁ ਧਨੁ ਜੋਰਿਆ, ਭਇਆ ਪਰਾਇਆ ॥ ਕਹੁ ਕਬੀਰ ਤੇਈ ਨਰ ਭੂਲੇ ॥ ਖਸਮੁ ਬਿਸਾਰਿ ਮਾਟੀ ਸੰਗਿ ਰੂਲੇ ॥੪॥੩॥ {ਪੰਨਾ ੭੯੨}

ਪਦ ਅਰਥ :—ਅਮਲੁ—ਅਮਲ ਦਾ ਸਮਾ, ਮੁਲਾਜ਼ਮਤ ਦੇ ਕੰਮ ਦਾ ਸਮਾ, ਜ਼ਿੰਦਗੀ-ਰੂਪ ਮੁਲਾਜ਼ਮਤ ਦੇ ਕੰਮ ਦਾ ਸਮਾ । ਸਿਰਾਨੋ—ਬੀਤ ਗਿਆ ਹੈ । ਕਠਿਨ—ਕਰੜੇ । ਕਹਾ—ਕਿੱਥੇ? ਸਿਤਾਬ—ਛੇਤੀ । ਦੀਬਾਨਿ—ਦੀਵਾਨ ਨੇ, ਧਰਮ-ਰਾਜ ਨੇ ।੧।

ਦਰਹਾਲੁ—ਹੁਣੇ । ਫੁਰਮਾਨੁ—ਹੁਕਮ ।੧।ਰਹਾਉ।

ਕਰਉ—ਕਰਉਂ, ਮੈਂ ਕਰਦਾ ਹਾਂ । ਗਾਵ—ਪਿੰਡ । ਲੇਉ ਨਿਬੇਰਿ—ਲੇਉਂ ਨਿਬੇਰਿ, ਮੁਕਾ ਲਵਾਂਗਾ । ਸਾਰਉ—ਮੈਂ ਪ੍ਰਬੰਧ ਕਰਾਂਗਾ ।੨।

ਰੰਗੁ—ਪਿਆਰ । ਸਭਾਗਾ—ਭਾਗਾਂ ਵਾਲਾ । ਈਤ ਊਤ—ਲੋਕ-ਪਰਲੋਕ ਵਿਚ ।੩।

ਰੂਲੇ—ਰੁਲ ਗਏ ।੪।

ਅਰਥ :—(ਹੇ ਜੀਵ ! ਜਗਤ ਵਿਚ) ਮੁਲਾਜ਼ਮਤ ਦਾ ਸਮਾ (ਭਾਵ, ਉਮਰ ਦਾ ਨਿਯਤ ਸਮਾ) ਲੰਘ ਗਿਆ ਹੈ, (ਇੱਥੇ ਜੋ ਕੁਝ ਕਰਦਾ ਰਿਹਾ ਹੈਂ) ਉਸ ਦਾ ਹਿਸਾਬ ਦੇਣਾ ਪਏਗਾ; ਕਰੜੇ ਜਮ-ਦੂਤ ਲੈਣ ਆ ਗਏ ਹਨ । (ਉਹ ਆਖਣਗੇ—) ਛੇਤੀ ਚੱਲ, ਧਰਮਰਾਜ ਨੇ ਸੱਦਿਆ ਹੈ । ਇੱਥੇ ਰਹਿ ਕੇ ਤੂੰ ਕੀਹ ਖੱਟੀ ਖੱਟੀ ਹੈ, ਤੇ ਕਿੱਥੇ ਗਵਾਇਆ ਹੈ? ।੧।

ਛੇਤੀ ਚੱਲ, ਧਰਮ-ਰਾਜ ਨੇ ਸੱਦਿਆ ਹੈ; ਪ੍ਰਭੂ ਦੀ ਦਰਗਾਹ ਦਾ ਹੁਕਮ ਆਇਆ ਹੈ ।੧।ਰਹਾਉ।

ਮੈਂ ਬੇਨਤੀ ਕਰਦਾ ਹਾਂ ਕਿ ਕੁਝ ਪਿੰਡ ਦਾ ਹਿਸਾਬ-ਕਿਤਾਬ ਰਹਿ ਗਿਆ ਹੈ, (ਜੇ ਆਗਿਆ ਦੇਵੋ) ਤਾਂ ਮੈਂ ਅੱਜ ਰਾਤ ਹੀ ਉਹ ਹਿਸਾਬ ਮੁਕਾ ਲਵਾਂਗਾ, ਕੁਝ ਤੁਹਾਡੇ ਲਈ ਭੀ ਖ਼ਰਚ ਦਾ ਪ੍ਰਬੰਧ ਕਰ ਲਵਾਂਗਾ, ਤੇ ਸਵੇਰ ਦੀ ਨਿਮਾਜ਼ ਰਾਹ ਵਿਚ ਪੜ੍ਹ ਲਵਾਂਗਾ (ਭਾਵ, ਬਹੁਤ ਸਵਖਤੇ ਹੀ ਤੁਹਾਡੇ ਨਾਲ ਤੁਰ ਪਵਾਂਗਾ) ।੨।

ਜਿਸ ਮਨੁੱਖ ਨੂੰ ਸਤਸੰਗ ਵਿਚ ਰਹਿ ਕੇ ਪ੍ਰਭੂ ਦਾ ਪਿਆਰ ਪ੍ਰਾਪਤ ਹੁੰਦਾ ਹੈ, ਉਹ ਮਨੁੱਖ ਧੰਨ ਹੈ, ਭਾਗਾਂ ਵਾਲਾ ਹੈ । ਪ੍ਰਭੂ ਦੇ ਸੇਵਕ ਲੋਕ ਪਰਲੋਕ ਵਿਚ ਸੌਖੇ ਰਹਿੰਦੇ ਹਨ ਕਿਉਂਕਿ ਉਹ ਇਸ ਅਮੋਲਕ ਜਨਮ-ਰੂਪ ਕੀਮਤੀ ਸ਼ੈ ਨੂੰ ਜਿੱਤ ਲੈਂਦੇ ਹਨ ।੩।

ਜੋ ਮਨੁੱਖ ਜਾਗਦਾ ਹੀ (ਮਾਇਆ ਦੀ ਨੀਂਦ ਵਿਚ) ਸੁੱਤਾ ਰਹਿੰਦਾ ਹੈ, ਉਹ ਮਨੁੱਖਾ ਜੀਵਨ ਅਜਾਈਂ ਗਵਾ ਲੈਂਦਾ ਹੈ; (ਕਿਉਂਕਿ) ਉਸ ਦਾ ਸਾਰਾ ਮਾਲ ਧਨ ਇਕੱਠਾ ਕੀਤਾ ਹੋਇਆ (ਤਾਂ ਆਖ਼ਰ) ਬਿਗਾਨਾ ਹੋ ਜਾਂਦਾ ਹੈ ।

ਹੇ ਕਬੀਰ! ਆਖ—ਉਹ ਮਨੁੱਖ ਖੁੰਝ ਗਏ ਹਨ, ਉਹ ਮਿੱਟੀ ਵਿਚ ਹੀ ਰੁਲ ਗਏ ਹਨ ਜਿਨ੍ਹਾਂ ਨੇ ਪਰਮਾਤਮਾ-ਪਤੀ ਨੂੰ ਵਿਸਾਰਿਆ ।੪।੩।

ਸ਼ਬਦ ਦਾ ਭਾਵ :—ਮਨੁੱਖ ਆਪਣੇ ਕੰਮ-ਧੰਧੇ ਸਿਰੇ ਚਾੜ੍ਹਨ ਵਿਚ ਇਤਨਾ ਰੁੱਝ ਜਾਂਦਾ ਹੈ ਕਿ ਪਰਮਾਤਮਾ ਨੂੰ ਭੁਲਾ ਹੀ ਦੇਂਦਾ ਹੈ । ਕੰਮ-ਧੰਧਿਆਂ ਦੀ ਉਲਝਣ ਮਰਨ-ਸਮੇ ਤਕ ਬਣੀ ਰਹਿੰਦੀ ਹੈ, ਜੋੜਿਆ ਹੋਇਆ ਧਨ ਭੀ ਇੱਥੇ ਹੀ ਛੱਡਣਾ ਪੈਂਦਾ ਹੈ, ਤੇ ਇਸ ਤਰ੍ਹਾਂ ਸਾਰੀ ਉਮਰ ਅਜਾਈਂ ਹੀ ਗੁਜ਼ਰ ਜਾਂਦੀ ਹੈ ।

ਸੂਹੀ ਕਬੀਰ ਜੀਉ ਲਲਿਤ ॥
ਥਾਕੇ ਨੈਨ ਸ੍ਰਵਨ ਸੁਨਿ ਥਾਕੇ, ਥਾਕੀ ਸੁੰਦਰਿ ਕਾਇਆ ॥ ਜਰਾ ਹਾਕ ਦੀ, ਸਭ ਮਤਿ ਥਾਕੀ, ਏਕ ਨ ਥਾਕਸਿ ਮਾਇਆ ॥੧॥ ਬਾਵਰੇ, ਤੈ ਗਿਆਨ ਬੀਚਾਰੁ ਨ ਪਾਇਆ ॥ ਬਿਰਥਾ ਜਨਮੁ ਗਵਾਇਆ ॥੧॥ ਰਹਾਉ ॥ ਤਬ ਲਗੁ ਪ੍ਰਾਨੀ ਤਿਸੈ ਸਰੇਵਹੁ, ਜਬ ਲਗੁ ਘਟ ਮਹਿ ਸਾਸਾ ॥ ਜੇ ਘਟੁ ਜਾਇ ਤ ਭਾਉ ਨ ਜਾਸੀ ਹਰਿ ਕੇ ਚਰਨ ਨਿਵਾਸਾ ॥੨॥ ਜਿਸ ਕਉ ਸਬਦੁ ਬਸਾਵੈ ਅੰਤਰਿ, ਚੂਕੈ ਤਿਸਹਿ ਪਿਆਸਾ ॥ ਹੁਕਮੈ ਬੂਝੈ ਚਉਪੜਿ ਖੇਲੈ, ਮਨੁ ਜਿਣਿ ਢਾਲੇ ਪਾਸਾ ॥੩॥ ਜੋ ਜਨ ਜਾਨਿ ਭਜਹਿ ਅਬਿਗਤ ਕਉ, ਤਿਨ ਕਾ ਕਛੂ ਨ ਨਾਸਾ ॥ ਕਹੁ ਕਬੀਰ ਤੇ ਜਨ ਕਬਹੁ ਨ ਹਾਰਹਿ, ਢਾਲਿ ਜੁ ਜਾਨਹਿ ਪਾਸਾ ॥੪॥੪॥ {ਪੰਨਾ ੭੯੩}

ਨੋਟ :—ਇਹ ਸ਼ਬਦ 'ਸੂਹੀ' ਤੇ 'ਲਲਿਤ' ਦੋਹਾਂ ਮਿਲਵੇਂ ਰਾਗਾਂ ਵਿਚ ਗਾਉਣਾ ਹੈ ।

ਪਦ ਅਰਥ :—ਸ੍ਰਵਨ—ਕੰਨ । ਸੁਨਿ ਥਾਕੇ—ਸੁਣ ਸੁਣ ਕੇ ਥੱਕ ਗਏ ਹਨ, ਸੁਣਨੋਂ ਰਹਿ ਗਏ, ਕਮਜ਼ੋਰ ਹੋ ਗਏ ਹਨ । ਸੁੰਦਰਿ ਕਾਇਆ—ਸੁਹਣਾ ਸਰੀਰ । ਜਰਾ—ਬੁਢੇਪਾ । ਹਾਕ—ਸੱਦਾ, ਆਵਾਜ਼ । ਦੀ—ਦਿੱਤੀ । ਥਾਕਸਿ—ਥੱਕੇਗੀ ।੧।

ਬਾਵਰੇ—ਹੇ ਕਮਲੇ! ਤੈ—ਤੂੰ ।੧।ਰਹਾਉ।

ਸਰੇਵਹੁ—ਸਿਮਰੋ । ਪ੍ਰਾਨੀ—ਹੇ ਜੀਵ! ਘਟ—ਸਰੀਰ । ਸਾਸਾ—ਪ੍ਰਾਣ । ਘਟੁ ਜਾਇ—ਸਰੀਰ ਨਾਸ ਹੋ ਜਾਏ । ਭਾਉ—(ਪ੍ਰਭੂ ਨਾਲ) ਪਿਆਰ ।੨।

ਜਿਸ ਕਉ ਅੰਤਰਿ—ਜਿਸ ਮਨੁੱਖ ਦੇ ਮਨ ਵਿਚ । ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ । ਚੂਕੈ—ਮੁੱਕ ਜਾਂਦੀ ਹੈ । ਚਉਪੜਿ—ਜ਼ਿੰਦਗੀ-ਰੂਪ ਚੌਪੜ ਦੀ ਖੇਡ । ਜਿਣਿ—ਜਿੱਤ ਕੇ । ਢਾਲੇ—ਸੁੱਟਦਾ ਹੈ, ਢਾਲਦਾ ਹੈ ।੩।

ਜਾਨਿ—ਜਾਣ ਕੇ, ਸਮਝ-ਸੋਚ ਕੇ, ਸਾਂਝ ਬਣਾ ਕੇ । ਭਜਹਿ—ਸਿਮਰਦੇ ਹਨ । ਅਬਿਗਤ—{ਸ਼ਕਟ. ਅ॥ਯÙ—ਨਿਵਸਿਬਿਲੲ} ਅਦ੍ਰਿਸ਼ਟ ਪ੍ਰਭੂ ।੪।

ਅਰਥ :—ਹੇ ਕਮਲੇ ਮਨੁੱਖ! ਤੂੰ ਸਾਰੀ ਉਮਰ ਵਿਅਰਥ ਗਵਾ ਲਈ ਹੈ, ਤੂੰ (ਪਰਮਾਤਮਾ ਨਾਲ) ਜਾਣ-ਪਛਾਣ (ਕਰਨ) ਦੀ ਸੂਝ ਪ੍ਰਾਪਤ ਨਹੀਂ ਕੀਤੀ ।੧।ਰਹਾਉ।

(ਤੇਰੀਆਂ) ਅੱਖਾਂ ਕਮਜ਼ੋਰ ਹੋ ਚੁਕੀਆਂ ਹਨ, ਕੰਨ ਭੀ (ਹੁਣ) ਸੁਣਨੋਂ ਰਹਿ ਗਏ ਹਨ, ਸੁਹਣਾ ਸਰੀਰ (ਭੀ) ਰਹਿ ਗਿਆ ਹੈ; ਬੁਢੇਪੇ ਨੇ ਆ ਸੱਦ ਮਾਰੀ ਹੈ ਤੇ (ਤੇਰੀ) ਸਾਰੀ ਅਕਲ ਭੀ (ਠੀਕ) ਕੰਮ ਨਹੀਂ ਕਰਦੀ, ਪਰ (ਤੇਰੀ) ਮਾਇਆ ਦੀ ਖਿੱਚ (ਅਜੇ ਤਕ) ਨਹੀਂ ਮੁੱਕੀ ।੧।

ਹੇ ਬੰਦੇ! ਜਦੋਂ ਤਕ ਸਰੀਰ ਵਿਚ ਪ੍ਰਾਣ ਚੱਲ ਰਹੇ ਹਨ, ਉਤਨਾ ਚਿਰ ਉਸ ਪ੍ਰਭੂ ਨੂੰ ਹੀ ਸਿਮਰਦੇ ਰਹੋ । (ਉਸ ਨਾਲ ਇਤਨਾ ਪਿਆਰ ਬਣਾਓ ਕਿ) ਜੇ ਸਰੀਰ (ਭੀ) ਨਾਸ ਹੋ ਜਾਏ, ਤਾਂ ਭੀ (ਉਸ ਨਾਲ) ਪਿਆਰ ਨਾਹ ਘਟੇ, ਤੇ ਪ੍ਰਭੂ ਦੇ ਚਰਨਾਂ ਵਿਚ ਮਨ ਟਿਕਿਆ ਰਹੇ ।੧।

(ਪ੍ਰਭੂ ਆਪ) ਜਿਸ ਮਨੁੱਖ ਦੇ ਮਨ ਵਿਚ ਆਪਣੀ ਸਿਫ਼ਤਿ-ਸਾਲਾਹ ਦੀ ਬਾਣੀ ਵਸਾਉਂਦਾ ਹੈ, ਉਸ ਦੀ (ਮਾਇਆ ਦੀ) ਤ੍ਰਿਹ ਮਿਟ ਜਾਂਦੀ ਹੈ । ਉਹ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਸਮਝ ਲੈਂਦਾ ਹੈ (ਰਜ਼ਾ ਵਿਚ ਰਾਜ਼ੀ ਰਹਿਣ ਦਾ) ਚੌਪੜ ਉਹ ਖੇਡਦਾ ਹੈ, ਤੇ ਮਨ ਨੂੰ ਜਿੱਤ ਕੇ ਪਾਸਾ ਸੁੱਟਦਾ ਹੈ (ਭਾਵ, ਮਨ ਨੂੰ ਜਿੱਤਣਾ—ਇਹ ਉਸ ਲਈ ਚੌਪੜ ਦੀ ਖੇਡ ਵਿਚ ਪਾਸਾ ਸੁੱਟਣਾ ਹੈ) ।੩।

ਜੋ ਮਨੁੱਖ ਪ੍ਰਭੂ ਨਾਲ ਸਾਂਝ ਬਣਾ ਕੇ ਉਸ ਅਦ੍ਰਿਸ਼ਟ ਨੂੰ ਸਿਮਰਦੇ ਹਨ, ਉਹਨਾਂ ਦਾ ਜੀਵਨ ਅਜਾਈਂ ਨਹੀਂ ਜਾਂਦਾ । ਹੇ ਕਬੀਰ! ਆਖ—ਜੋ ਮਨੁੱਖ (ਸਿਮਰਨ-ਰੂਪ) ਪਾਸਾ ਸੁੱਟਣਾ ਜਾਣਦੇ ਹਨ, ਉਹ ਜ਼ਿੰਦਗੀ ਦੀ ਬਾਜ਼ੀ ਕਦੇ ਹਾਰ ਕੇ ਨਹੀਂ ਜਾਂਦੇ ।੪।੪।

ਸ਼ਬਦ ਦਾ ਭਾਵ :—ਸਿਮਰਨ ਤੋਂ ਬਿਨਾ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਈਦੀ ਹੈ, ਕਿਉਂਕਿ ਮਾਇਆ ਦਾ ਮੋਹ ਦਿਨੋਂ ਦਿਨ ਵਧਦਾ ਜਾਂਦਾ ਹੈ ।

ਸੂਹੀ ਲਲਿਤ ਕਬੀਰ ਜੀਉ ॥
ਏਕੁ ਕੋਟੁ, ਪੰਚ ਸਿਕਦਾਰਾ, ਪੰਚੇ ਮਾਗਹਿ ਹਾਲਾ ॥ ਜਿਮੀ ਨਾਹੀ ਮੈ ਕਿਸੀ ਕੀ ਬੋਈ, ਐਸਾ ਦੇਨੁ ਦੁਖਾਲਾ ॥੧॥ ਹਰਿ ਕੇ ਲੋਗਾ, ਮੋ ਕਉ ਨੀਤਿ ਡਸੈ ਪਟਵਾਰੀ ॥ ਊਪਰਿ ਭੁਜਾ ਕਰਿ, ਮੈ ਗੁਰ ਪਹਿ ਪੁਕਾਰਿਆ, ਤਿਨਿ ਹਉ ਲੀਆ ਉਬਾਰੀ ॥੧॥ ਰਹਾਉ ॥ ਨਉ ਡਾਡੀ, ਦਸ ਮੁੰਸਫ ਧਾਵਹਿ, ਰਈਅਤਿ ਬਸਨ ਨ ਦੇਹੀ ॥ ਡੋਰੀ ਪੂਰੀ ਮਾਪਹਿ ਨਾਹੀ, ਬਹੁ ਬਿਸਟਾਲਾ ਲੇਹੀ ॥੨॥ ਬਹਤਰਿ ਘਰ, ਇਕੁ ਪੁਰਖੁ ਸਮਾਇਆ, ਉਨਿ ਦੀਆ ਨਾਮੁ ਲਿਖਾਈ ॥ ਧਰਮ ਰਾਇ ਕਾ ਦਫਤਰੁ ਸੋਧਿਆ, ਬਾਕੀ ਰਿਜਮ ਨ ਕਾਈ ॥੩॥ ਸੰਤਾ ਕਉ ਮਤਿ ਕੋਈ ਨਿੰਦਹੁ, ਸੰਤ ਰਾਮੁ ਹੈ ਏਕੋ ॥ ਕਹੁ ਕਬੀਰ, ਮੈ ਸੋ ਗੁਰੁ ਪਾਇਆ, ਜਾ ਕਾ ਨਾਉ ਬਿਬੇਕੋ ॥੪॥੫॥ {ਪੰਨਾ ੭੯੩}

ਪਦ ਅਰਥ :—ਕੋਟੁ—ਕਿਲ੍ਹਾ । ਸਿਕਦਾਰ—ਚੌਧਰੀ । ਪੰਚ—ਕਾਮਾਦਿਕ ਪੰਜ ਵਿਕਾਰ । ਹਾਲਾ—ਹਲ ਦੀ ਕਮਾਈ ਉੱਤੇ ਸਰਕਾਰੀ ਵਸੂਲੀ, ਮਾਮਲਾ ।

ਦੁਖਾਲਾ—ਦੁਖਦਾਈ, ਔਖਾ ।੧।

ਹਰਿ ਕੇ ਲੋਗਾ—ਹੇ ਸੰਤ ਜਨੋ! ਮੋ ਕਉ—ਮੈਨੂੰ । ਨੀਤਿ—ਸਦਾ । ਡਸੈ—ਡੰਗ ਮਾਰਦਾ ਹੈ, ਡਰਾਉਂਦਾ ਹੈ । ਪਟਵਾਰੀ—ਮਾਮਲੇ ਦਾ ਹਿਸਾਬ ਬਣਾਉਣ ਵਾਲਾ, ਕੀਤੇ ਕਰਮਾਂ ਦਾ ਲੇਖਾ ਰੱਖਣ ਵਾਲਾ, ਧਰਮ-ਰਾਜ । ਭੁਜਾ—ਬਾਂਹ । ਪਹਿ—ਪਾਸ, ਕੋਲ । ਤਿਨਿ—ਉਸ (ਗੁਰੂ) ਨੇ । ਹਉ—ਮੈਨੂੰ ।੧।ਰਹਾਉ।

ਨਉ—ਕੰਨ ਨੱਕ ਆਦਿਕ ਨੌ ਸੋਤਰ । ਡਾਡੀ—ਜਰੀਬ-ਕਸ਼ (ਜ਼ਮੀਨ ਨੂੰ ਮਾਪਣ ਵਾਲੇ) । ਦਸ—ਪੰਜ ਗਿਆਨ-ਇੰਦ੍ਰੇ ਤੇ ਪੰਜ ਕਰਮ-ਇੰਦ੍ਰੇ । ਮੁੰਸਫ—ਨਿਆਂ ਕਰਨ ਵਾਲੇ । ਧਾਵਹਿ—ਦੌੜ ਕੇ ਆਉਂਦੇ ਹਨ । ਰਈਅਤਿ—ਪਰਜਾ, ਭਲੇ ਗੁਣ । ਡੋਰੀ—ਜਰੀਬ । ਬਹੁ—ਬਹੁਤੀ । ਬਿਸਟਾਲਾ—{ਵਿਟਾ} ਗੰਦ ਦੀ ਕਮਾਈ, ਵੱਢੀ । ਬਹੁ...ਲੇਹੀ—ਆਪਣੇ ਵਿਤੋਂ ਵਧੀਕ ਵਿਸ਼ਿਆਂ ਵਿਚ ਫਸਾਉਂਦੇ ਹਨ (ਇਹਨਾਂ ਗਿਆਨ-ਇੰਦ੍ਰਿਆਂ ਨੂੰ ਕਿਸੇ ਖ਼ਾਸ ਹੱਦ ਵਿਚ ਰਹਿਣ ਲਈ ਹਿਦਾਇਤ ਹੈ । ਪਰ ਇਸ ਹੱਦ ਅੰਦਰ ਰਹਿਣ ਦੇ ਥਾਂ, ਇਨਸਾਫ਼ ਦੀ ਗੱਲ ਦੇ ਥਾਂ ਉਲਟੀ ਬੇਇਨਸਾਫ਼ੀ ਕਰਦੇ ਹਨ) ।੨।

ਬਹਤਰਿ ਘਰ—ਬਹੱਤਰ ਕੋਠੜੀਆਂ ਵਾਲਾ ਸਰੀਰ । ਉਨਿ—ਉਸ (ਗੁਰੂ) ਨੇ । ਨਾਮੁ—ਪ੍ਰਭੂ ਦਾ ਨਾਮ । ਲਿਖਾਈ—(ਰਾਹਦਾਰੀ) ਲਿਖ ਕੇ ਦੇ ਦਿੱਤੀ ਹੈ । ਸੋਧਿਆ—ਪੜਤਾਲ ਕੀਤੀ ਹੈ । ਬਾਕੀ—(ਮੇਰੇ ਜ਼ਿੰਮੇ) ਦੇਣ ਵਾਲੀ ਰਕਮ । ਰਿਜਮ—ਰਤਾ ਭੀ ।੩।

ਏਕੋੁ—(ਨੋਟ :—ਅੱਖਰ 'ਕ' ਦੇ ਨਾਲ (ੋ) ਅਤੇ (ੁ) ਦੋਵੇਂ ਲਗਾਂ ਹਨ । ਅਸਲੀ ਲਫ਼ਜ਼ 'ਏਕੁ' ਹੈ, ਇੱਥੇ ਪੜ੍ਹਨਾ ਹੈ 'ਏਕੋ') । ਬਿਬੇਕੋੁ—ਬਿਬੇਕ-ਰੂਪ, ਪੂਰਨ ਬਿਬੇਕ ਵਾਲਾ, ਪੂਰਨ ਗਿਆਨਵਾਨ ।੪।

ਅਰਥ :—(ਮਨੁੱਖ ਦਾ ਇਹ ਸਰੀਰ, ਮਾਨੋ,) ਇਕ ਕਿਲ੍ਹਾ ਹੈ, (ਇਸ ਵਿਚ) ਪੰਜ (ਕਾਮਾਦਿਕ) ਚੌਧਰੀ (ਵੱਸਦੇ ਹਨ), ਪੰਜੇ ਹੀ (ਇਸ ਮਨੁੱਖ ਪਾਸੋਂ) ਮਾਮਲਾ ਮੰਗਦੇ ਹਨ (ਭਾਵ, ਇਹ ਪੰਜੇ ਵਿਕਾਰ ਇਸ ਨੂੰ ਖ਼ੁਆਰ ਕਰਦੇ ਫਿਰਦੇ ਹਨ) । (ਪਰ ਆਪਣੇ ਸਤਿਗੁਰੂ ਦੀ ਕਿਰਪਾ ਨਾਲ) ਮੈਂ (ਇਹਨਾਂ ਪੰਜਾਂ ਵਿਚੋਂ) ਕਿਸੇ ਦਾ ਭੀ ਮੁਜ਼ਾਰਿਆ ਨਹੀਂ ਬਣਿਆ (ਭਾਵ, ਮੈਂ ਕਿਸੇ ਦੇ ਭੀ ਦਬਾ ਵਿਚ ਨਹੀਂ ਆਇਆ), ਇਸ ਵਾਸਤੇ ਕਿਸੇ ਦਾ ਮਾਮਲਾ ਭਰਨਾ ਮੇਰੇ ਲਈ ਔਖਾ ਹੈ (ਭਾਵ, ਇਹਨਾਂ ਵਿਚੋਂ ਕੋਈ ਵਿਕਾਰ ਮੈਨੂੰ ਕੁਰਾਹੇ ਨਹੀਂ ਪਾ ਸਕਿਆ) ।੧।

ਹੇ ਸੰਤ ਜਨੋ! ਮੈਨੂੰ ਮਾਮਲੇ ਦਾ ਹਿਸਾਬ ਬਣਾਉਣ ਵਾਲੇ ਦਾ ਹਰ ਵੇਲੇ ਸਹਿਮ ਰਹਿੰਦਾ ਹੈ (ਭਾਵ, ਮੈਨੂੰ ਹਰ ਵੇਲੇ ਡਰ ਰਹਿੰਦਾ ਹੈ ਕਿ ਕਾਮਾਦਿਕ ਵਿਕਾਰਾਂ ਦਾ ਕਿਤੇ ਜ਼ੋਰ ਪੈ ਕੇ ਮੇਰੇ ਅੰਦਰ ਭੀ ਕੁਕਰਮਾਂ ਦਾ ਲੇਖਾ ਨਾਹ ਬਣਨ ਲੱਗ ਪਏ), ਸੋ ਮੈਂ ਆਪਣੀ ਬਾਂਹ ਉੱਚੀ ਕਰ ਕੇ (ਆਪਣੇ) ਗੁਰੂ ਅੱਗੇ ਪੁਕਾਰ ਕੀਤੀ ਤੇ ਉਸ ਨੇ ਮੈਨੂੰ (ਇਹਨਾਂ ਤੋਂ) ਬਚਾ ਲਿਆ ।੧।ਰਹਾਉ।

(ਮਨੁੱਖਾ-ਸਰੀਰ ਦੇ) ਨੌ (ਸੋਤਰ-) ਜਰੀਬ ਕਸ਼ ਤੇ ਦਸ (ਇੰਦ੍ਰੇ) ਨਿਆਂ ਕਰਨ ਵਾਲੇ (ਮਨੁੱਖ ਦੇ ਜੀਵਨ ਉੱਤੇ ਇਤਨੇ) ਹੱਲਾ ਕਰ ਕੇ ਪੈਂਦੇ ਹਨ ਕਿ (ਮਨੁੱਖ ਦੇ ਅੰਦਰ ਭਲੇ ਗੁਣਾਂ ਦੀ) ਪਰਜਾ ਨੂੰ ਵੱਸਣ ਨਹੀਂ ਦੇਂਦੇ । (ਇਹ ਜਰੀਬ-ਕਸ਼) ਜਰੀਬ ਪੂਰੀ ਨਹੀਂ ਮਾਪਦੇ, ਵਧੀਕ ਵੱਢੀ ਲੈਂਦੇ ਹਨ (ਭਾਵ ਮਨੁੱਖ ਨੂੰ ਵਿਤੋਂ ਵਧੀਕ ਵਿਸ਼ਿਆਂ ਵਿਚ ਫਸਾਉਂਦੇ ਹਨ, ਜਾਇਜ਼ ਹੱਦ ਤੋਂ ਵਧੀਕ ਕਾਮ ਆਦਿਕ ਵਿਚ ਫਸਾ ਦੇਂਦੇ ਹਨ) ।੨।

(ਮੈਂ ਆਪਣੇ ਗੁਰੂ ਅੱਗੇ ਪੁਕਾਰ ਕੀਤੀ ਤਾਂ) ਉਸ ਨੇ ਮੈਨੂੰ (ਉਸ ਪਰਮਾਤਮਾ ਦਾ) ਨਾਮ ਰਾਹਦਾਰੀ ਵਜੋਂ ਲਿਖ ਦਿੱਤਾ, ਜੋ ਬਹੱਤਰ-ਘਰੀ ਸਰੀਰ ਦੇ ਅੰਦਰ ਹੀ ਮੌਜੂਦ ਹੈ । (ਸਤਿਗੁਰੂ ਦੀ ਇਸ ਮਿਹਰ ਦਾ ਸਦਕਾ ਜਦੋਂ) ਧਰਮਰਾਜ ਦੇ ਦਫ਼ਤਰ ਦੀ ਪੜਤਾਲ ਕੀਤੀ ਤਾਂ ਮੇਰੇ ਜ਼ਿੰਮੇ ਰਤਾ ਭੀ ਦੇਣਾ ਨਾਹ ਨਿਕਲਿਆ (ਭਾਵ, ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰੋਂ ਕੁਕਰਮਾਂ ਦਾ ਲੇਖਾ ਉੱਕਾ ਹੀ ਮੁੱਕ ਗਿਆ) ।੩।

(ਸੋ, ਹੇ ਭਾਈ! ਇਹ ਬਰਕਤਿ ਸੰਤ ਜਨਾਂ ਦੀ ਸੰਗਤ ਦੀ ਹੈ) ਤੁਸੀ ਕੋਈ ਧਿਰ ਸੰਤਾਂ ਦੀ ਕਦੇ ਨਿੰਦਿਆ ਨਾਹ ਕਰਿਓ, ਸੰਤ ਤੇ ਪਰਮਾਤਮਾ ਇੱਕ-ਰੂਪ ਹਨ । ਹੇ ਕਬੀਰ! ਆਖ—ਮੈਨੂੰ ਭੀ ਉਹੀ ਗੁਰੂ-ਸੰਤ ਹੀ ਮਿਲਿਆ ਹੈ ਜੋ ਪੂਰਨ ਗਿਆਨਵਾਨ ਹੈ ।੪।੫।

ਸ਼ਬਦ ਦਾ ਭਾਵ :—ਗੁਰੂ ਦੀ ਸ਼ਰਨ ਪੈ ਕੇ ਪ੍ਰਭੂ ਦਾ ਸਿਮਰਨ ਕਰੋ, ਵਿਕਾਰ ਆਪਣਾ ਜ਼ੋਰ ਨਹੀਂ ਪਾ ਸਕਣਗੇ ।

ਰਾਗੁ ਸੂਹੀ ਬਾਣੀ ਸ੍ਰੀ ਰਵਿਦਾਸ ਜੀਉ ਕੀ

ੴ ਸਤਿਗੁਰ ਪ੍ਰਸਾਦਿ ॥ ਸਹ ਕੀ ਸਾਰ ਸੁਹਾਗਨਿ ਜਾਨੈ ॥ ਤਜਿ ਅਭਿਮਾਨੁ ਸੁਖ ਰਲੀਆ ਮਾਨੈ ॥ ਤਨੁ ਮਨੁ ਦੇਇ ਨ ਅੰਤਰੁ ਰਾਖੈ ॥ ਅਵਰਾ ਦੇਖਿ ਨ ਸੁਨੈ ਅਭਾਖੈ ॥੧॥ ਸੋ ਕਤ ਜਾਨੈ ਪੀਰ ਪਰਾਈ ॥ ਜਾ ਕੈ ਅੰਤਰਿ ਦਰਦੁ ਨ ਪਾਈ ॥੧॥ ਰਹਾਉ ॥ ਦੁਖੀ ਦੁਹਾਗਨਿ ਦੁਇ ਪਖ ਹੀਨੀ ॥ ਜਿਨਿ ਨਾਹ ਨਿਰੰਤਰਿ ਭਗਤਿ ਨ ਕੀਨੀ ॥ ਪੁਰਸਲਾਤ ਕਾ ਪੰਥੁ ਦੁਹੇਲਾ ॥ ਸੰਗਿ ਨ ਸਾਥੀ ਗਵਨੁ ਇਕੇਲਾ ॥੨॥ ਦੁਖੀਆ ਦਰਦਵੰਦੁ ਦਰਿ ਆਇਆ ॥ ਬਹੁਤੁ ਪਿਆਸ ਜਬਾਬੁ ਨ ਪਾਇਆ ॥ ਕਹਿ ਰਵਿਦਾਸ ਸਰਨਿ ਪ੍ਰਭ ਤੇਰੀ ॥ ਜਿਉ ਜਾਨਹੁ ਤਿਉ ਕਰੁ ਗਤਿ ਮੇਰੀ ॥੩॥੧॥ {ਪੰਨਾ ੭੯੩}

ਪਦ ਅਰਥ :—ਸਹ—ਖਸਮ । ਸਾਰ—ਕਦਰ । ਸੁਹਾਗਨਿ—ਸੁਹਾਗ ਵਾਲੀ, ਖਸਮ ਨਾਲ ਪਿਆਰ ਕਰਨ ਵਾਲੀ । ਤਜਿ—ਛੱਡ ਕੇ । ਅੰਤਰੁ—ਵਿੱਥ । ਦੇਇ—ਹਵਾਲੇ ਕਰਦੀ ਹੈ । ਅਭਾਖੈ—ਮੰਦੀ ਪ੍ਰੇਰਨਾ ।੧।

ਪਰਾਈ ਪੀਰ—ਹੋਰਨਾਂ (ਗੁਰਮੁਖਿ ਸੁਹਾਗਣਾਂ) ਦੀ ਵਿਛੋੜੇ ਦੀ ਪੀੜ । ਜਾ ਕੈ ਅੰਤਰਿ—ਜਿਸ ਦੇ ਹਿਰਦੇ ਵਿਚ । ਦਰਦੁ—ਪ੍ਰਭੂ-ਪਤੀ ਨਾਲੋਂ ਵਿਛੋੜੇ ਦੀ ਪੀੜ ।੧।ਰਹਾਉ।

ਦੁਇ ਪਖ—ਸਹੁਰਾ ਪੇਕਾ, ਲੋਕ ਪਰਲੋਕ । ਹੀਨੀ—ਵਾਂਜੀ ਹੋਈ । ਜਿਨਿ—ਜਿਸ ਨੇ । ਨਾਹ ਭਗਤਿ—ਖਸਮ-ਪ੍ਰਭੂ ਦੀ ਬੰਦਗੀ । ਨਿਰੰਤਰਿ—ਇੱਕ-ਰਸ । ਪੁਰਸਲਾਤ—{ਪੁਲ ਸਿਰਾਤ} ਮੁਸਲਮਾਨੀ ਖ਼ਿਆਲ ਅਨੁਸਾਰ ਇਹ ਪੁਲ ਦੋਜ਼ਕ ਦੀ ਅੱਗ ਉੱਤੇ ਬਣਿਆ ਹੋਇਆ ਹੈ, ਵਾਲ ਜਿੰਨਾ ਬਰੀਕ ਹੈ, ਹਰੇਕ ਨੂੰ ਇਸ ਦੇ ਉੱਤੋਂ ਦੀ ਲੰਘਣਾ ਪੈਂਦਾ ਹੈ । ਦੁਹੇਲਾ—ਔਖਾ ।੨।

ਦਰਿ—ਪ੍ਰਭੂ ਦੇ ਦਰ ਤੇ । ਪਿਆਸ—ਦਰਸਨ ਦੀ ਤਾਂਘ । ਜਬਾਬੁ—ਉੱਤਰ । ਗਤਿ—ਉੱਚੀ ਆਤਮਕ ਹਾਲਤ ।੩।

ਅਰਥ :—ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ ਤੋਂ ਵਿਛੋੜੇ ਦਾ ਸੱਲ ਨਹੀਂ ਉੱਠਿਆ, ਉਹ ਹੋਰਨਾਂ (ਗੁਰਮੁਖਿ ਸੁਹਾਗਣਾਂ) ਦੇ ਦਿਲ ਦੀ (ਇਹ) ਪੀੜ ਕਿਵੇਂ ਸਮਝ ਸਕਦੀ ਹੈ? ।੧।ਰਹਾਉ।

ਖਸਮ-ਪ੍ਰਭੂ (ਦੇ ਮਿਲਾਪ) ਦੀ ਕਦਰ ਖਸਮ ਨਾਲ ਪਿਆਰ ਕਰਨ ਵਾਲੀ ਹੀ ਜਾਣਦੀ ਹੈ, ਉਹ ਅਹੰਕਾਰ ਛੱਡ ਕੇ (ਪ੍ਰਭੂ-ਚਰਨਾਂ ਵਿਚ ਜੁੜ ਕੇ ਉਸ ਮਿਲਾਪ ਦਾ) ਸੁਖ-ਆਨੰਦ ਮਾਣਦੀ ਹੈ, ਆਪਣਾ ਤਨ ਮਨ ਖਸਮ-ਪ੍ਰਭੂ ਦੇ ਹਵਾਲੇ ਕਰ ਦੇਂਦੀ ਹੈ, ਪ੍ਰਭੂ-ਪਤੀ ਨਾਲੋਂ (ਕੋਈ) ਵਿੱਥ ਨਹੀਂ ਰੱਖਦੀ; ਨਾਂਹ ਕਿਸੇ ਹੋਰ ਦਾ ਆਸਰਾ ਤੱਕਦੀ ਹੈ, ਤੇ ਨਾਹ ਕਿਸੇ ਦੀ ਮੰਦ ਪ੍ਰੇਰਨਾ ਸੁਣਦੀ ਹੈ ।੧।

ਪਰ ਜਿਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਦੀ ਬੰਦਗੀ ਇੱਕ-ਰਸ ਨਹੀਂ ਕੀਤੀ, ਉਹ ਛੁੱਟੜ ਦੁਖੀ ਰਹਿੰਦੀ ਹੈ, ਸਹੁਰੇ ਪੇਕੇ (ਲੋਕ ਪਰਲੋਕ) ਦੋਹਾਂ ਥਾਵਾਂ ਤੋਂ ਵਾਂਜੀ ਰਹਿੰਦੀ ਹੈ; ਜੀਵਨ ਦਾ ਇਹ ਰਸਤਾ (ਜੋ) ਪੁਰਸਲਾਤ (ਸਮਾਨ ਹੈ, ਉਸ ਲਈ) ਬੜਾ ਔਖਾ ਹੋ ਜਾਂਦਾ ਹੈ, (ਇਥੇ ਦੁੱਖਾਂ ਵਿਚ) ਕੋਈ ਸੰਗੀ ਕੋਈ ਸਾਥੀ ਨਹੀਂ ਬਣਦਾ, (ਜੀਵਨ-ਸਫ਼ਰ ਦਾ) ਸਾਰਾ ਪੈਂਡਾ ਇਕੱਲਿਆਂ ਹੀ (ਲੰਘਣਾ ਪੈਂਦਾ ਹੈ) ।੨।

ਹੇ ਪ੍ਰਭੂ! ਮੈਂ ਦੁਖੀ ਮੈਂ ਦਰਦਵੰਦਾ ਤੇਰੇ ਦਰ ਤੇ ਆਇਆ ਹਾਂ, ਮੈਨੂੰ ਤੇਰੇ ਦਰਸਨ ਦੀ ਬੜੀ ਤਾਂਘ ਹੈ (ਪਰ ਤੇਰੇ ਦਰ ਤੋਂ) ਕੋਈ ਉੱਤਰ ਨਹੀਂ ਮਿਲਦਾ । ਰਵਿਦਾਸ ਆਖਦਾ ਹੈ—ਹੇ ਪ੍ਰਭੂ! ਮੈਂ ਤੇਰੀ ਸ਼ਰਨ ਆਇਆ ਹਾਂ, ਜਿਵੇਂ ਭੀ ਹੋ ਸਕੇ, ਤਿਵੇਂ ਮੇਰੀ ਹਾਲਤ ਸਵਾਰ ਦੇਹ ।੩।

ਸ਼ਬਦ ਦਾ ਭਾਵ :—ਪਰਮਾਤਮਾ ਦੀ ਭਗਤੀ ਦੀ ਦਾਤਿ ਵਾਸਤੇ ਪ੍ਰਭੂ-ਦਰ ਤੋਂ ਮੰਗ ।

ਸੂਹੀ ॥ ਜੋ ਦਿਨ ਆਵਹਿ ਸੋ ਦਿਨ ਜਾਹੀ ॥ ਕਰਨਾ ਕੂਚੁ ਰਹਨੁ ਥਿਰੁ ਨਾਹੀ ॥ ਸੰਗੁ ਚਲਤ ਹੈ ਹਮ ਭੀ ਚਲਨਾ ॥ ਦੂਰਿ ਗਵਨੁ ਸਿਰ ਊਪਰਿ ਮਰਨਾ ॥੧॥ ਕਿਆ ਤੂ ਸੋਇਆ ਜਾਗੁ ਇਆਨਾ ॥ ਤੈ ਜੀਵਨੁ ਜਗਿ ਸਚੁ ਕਰਿ ਜਾਨਾ ॥੧॥ ਰਹਾਉ ॥ ਜਿਨਿ ਜੀਉ ਦੀਆ ਸੁ ਰਿਜਕੁ ਅੰਬਰਾਵੈ ॥ ਸਭ ਘਟ ਭੀਤਰਿ ਹਾਟੁ ਚਲਾਵੈ ॥ ਕਰਿ ਬੰਦਿਗੀ ਛਾਡਿ ਮੈ ਮੇਰਾ ॥ ਹਿਰਦੈ ਨਾਮੁ ਸਮੑਾਰਿ ਸਵੇਰਾ ॥੨॥ ਜਨਮੁ ਸਿਰਾਨੋ ਪੰਥੁ ਨ ਸਵਾਰਾ ॥ ਸਾਂਝ ਪਰੀ ਦਹਦਿਸ ਅੰਧਿਆਰਾ ॥ ਕਹਿ ਰਵਿਦਾਸ ਨਿਦਾਨਿ ਦਿਵਾਨੇ ॥ ਚੇਤਸਿ ਨਾਹੀ ਦੁਨੀਆ ਫਨਖਾਨੇ ॥੩॥੨॥ {ਪੰਨਾ ੭੯੩-੭੯੪}

ਪਦ ਅਰਥ :—ਜੋ ਦਿਨ—ਜੇਹੜੇ ਦਿਨ । ਜਾਹੀ—ਲੰਘ ਜਾਂਦੇ ਹਨ, ਗੁਜ਼ਰ ਜਾਂਦੇ ਹਨ । ਰਹਨੁ—ਟਿਕਾਣਾ, ਟਿਕਣਾ । ਥਿਰੁ—ਸਦਾ ਦਾ । ਸੰਗੁ—ਸਾਥ । ਗਵਨੁ—ਪੈਂਡਾ, ਮੁਸਾਫ਼ਰੀ । ਦੂਰਿ ਗਵਨੁ—ਦੂਰ ਦਾ ਪੈਂਡਾ । ਮਰਨਾ—ਮੌਤ ।੧।

ਕਿਆ—ਕਿਉਂ? ਇਆਨਾ—ਹੇ ਅੰਞਾਣ! ਤੈ—ਤੂੰ । ਜਗਿ—ਜਗਤ ਵਿਚ । ਸਚੁ—ਸਦਾ ਕਾਇਮ ਰਹਿਣ ਵਾਲਾ ।੧।ਰਹਾਉ।

ਜਿਨਿ—ਜਿਸ (ਪ੍ਰਭੂ) ਨੇ । ਜੀਉ—ਜਿੰਦ । ਅੰਬਰਾਵੈ—ਅਪੜਾਉਂਦਾ ਹੈ । ਭੀਤਰਿ—ਅੰਦਰ । ਹਾਟੁ—ਹੱਟੀ । ਹਾਟੁ ਚਲਾਵੈ—ਰਿਜ਼ਕ ਦਾ ਪ੍ਰਬੰਧ ਕਰਦਾ ਹੈ । ਸਵੇਰਾ—ਸੁਵਖਤੇ ਹੀ, ਵੇਲੇ ਸਿਰ ।੨।

ਸਿਰਾਨੋ—ਗੁਜ਼ਰ ਰਿਹਾ ਹੈ । ਪੰਥੁ—ਜ਼ਿੰਦਗੀ ਦਾ ਰਸਤਾ । ਸਵਾਰਾ—ਸੋਹਣਾ ਬਣਾਇਆ । ਸਾਂਝ—ਸ਼ਾਮ । ਦਹਦਿਸ—ਦਸੀਂ ਪਾਸੀਂ । ਕਹਿ—ਕਹੇ, ਆਖਦਾ ਹੈ । ਨਿਦਾਨਿ—ਓੜਕ ਨੂੰ, ਅੰਤ ਨੂੰ । ਦਿਵਾਨੇ—ਹੇ ਦੀਵਾਨੇ! ਹੇ ਕਮਲੇ! ਫਨਖਾਨੇ—ਫ਼ਨਾਹ ਦਾ ਘਰ, ਨਾਸਵੰਤ ।੩।

ਅਰਥ :—(ਮਨੁੱਖ ਦੀ ਜ਼ਿੰਦਗੀ ਵਿਚ) ਜੇਹੜੇ ਜੇਹੜੇ ਦਿਨ ਆਉਂਦੇ ਹਨ, ਉਹ ਦਿਨ (ਅਸਲ ਵਿਚ ਨਾਲੋ ਨਾਲ) ਲੰਘਦੇ ਜਾਂਦੇ ਹਨ (ਭਾਵ, ਉਮਰ ਵਿਚੋਂ ਘਟਦੇ ਜਾਂਦੇ ਹਨ), (ਇਥੋਂ ਹਰੇਕ ਨੇ) ਕੂਚ ਕਰ ਜਾਣਾ ਹੈ (ਕਿਸੇ ਦੀ ਭੀ ਇਥੇ) ਸਦਾ ਦੀ ਰਿਹੈਸ਼ ਨਹੀਂ ਹੈ । ਅਸਾਡਾ ਸਾਥ ਤੁਰਿਆ ਜਾ ਰਿਹਾ ਹੈ, ਅਸਾਂ ਭੀ (ਇਥੋਂ) ਤੁਰ ਜਾਣਾ ਹੈ; ਇਹ ਦੂਰ ਦੀ ਮੁਸਾਫ਼ਰੀ ਹੈ ਤੇ ਮੌਤ ਸਿਰ ਉਤੇ ਖਲੋਤੀ ਹੈ (ਪਤਾ ਨਹੀਂ ਕੇਹੜੇ ਵੇਲੇ ਆ ਜਾਏ) ।੧।

ਹੇ ਅੰਞਾਣ! ਹੋਸ਼ ਕਰ । ਤੂੰ ਕਿਉਂ ਸੌਂ ਰਿਹਾ ਹੈਂ? ਤੂੰ ਜਗਤ ਵਿਚ ਇਸ ਜੀਊਣ ਨੂੰ ਸਦਾ ਕਾਇਮ ਰਹਿਣ ਵਾਲਾ ਸਮਝ ਬੈਠਾ ਹੈਂ ।੧।ਰਹਾਉ।

(ਤੂੰ ਹਰ ਵੇਲੇ ਰਿਜ਼ਕ ਦੇ ਹੀ ਫ਼ਿਕਰ ਵਿਚ ਰਹਿੰਦਾ ਹੈਂ, ਵੇਖ) ਜਿਸ ਪ੍ਰਭੂ ਨੇ ਜਿੰਦ ਦਿੱਤੀ ਹੈ, ਉਹ ਰਿਜ਼ਕ ਭੀ ਅਪੜਾਉਂਦਾ ਹੈ, ਸਾਰੇ ਸਰੀਰਾਂ ਵਿਚ ਬੈਠਾ ਹੋਇਆ ਉਹ ਆਪ ਰਿਜ਼ਕ ਦਾ ਆਹਰ ਪੈਦਾ ਕਰ ਰਿਹਾ ਹੈ । ਮੈਂ (ਇਤਨਾ ਵੱਡਾ ਹਾਂ) ਮੇਰੀ (ਇਤਨੀ ਮਲਕੀਅਤ ਹੈ)—ਛੱਡ ਇਹ ਗੱਲਾਂ, ਪ੍ਰਭੂ ਦੀ ਬੰਦਗੀ ਕਰ, ਹੁਣ ਵੇਲੇ-ਸਿਰ ਉਸ ਦਾ ਨਾਮ ਆਪਣੇ ਹਿਰਦੇ ਵਿਚ ਸਾਂਭ ।੨।

ਉਮਰ ਮੁੱਕਣ ਤੇ ਆ ਰਹੀ ਹੈ, ਪਰ ਤੂੰ ਆਪਣਾ ਰਾਹ ਸੁਚੱਜਾ ਨਹੀਂ ਬਣਾਇਆ; ਸ਼ਾਮ ਪੈ ਰਹੀ ਹੈ, ਦਸੀਂ ਪਾਸੀਂ ਹਨੇਰਾ ਹੀ ਹਨੇਰਾ ਹੋਣ ਵਾਲਾ ਹੈ । ਰਵਿਦਾਸ ਆਖਦਾ ਹੈ—ਹੇ ਕਮਲੇ ਮਨੁੱਖ! ਤੂੰ ਪ੍ਰਭੂ ਨੂੰ ਯਾਦ ਨਹੀਂ ਕਰਦਾ, ਦੁਨੀਆ (ਜਿਸ ਦੇ ਨਾਲ ਤੂੰ ਮਨ ਜੋੜੀ ਬੈਠਾ ਹੈਂ) ਅੰਤ ਨੂੰ ਨਾਸ ਹੋ ਜਾਣ ਵਾਲੀ ਹੈ ।੩।੨।

ਨੋਟ :—ਆਮ ਤੌਰ ਤੇ ਲਫ਼ਜ਼ "ਨਿਦਾਨਿ" ਨੂੰ ਫ਼ਾਰਸੀ ਦਾ ਲਫ਼ਜ਼ 'ਨਾਦਾਨ' ਸਮਝ ਕੇ ਇਸ ਦਾ ਅਰਥ "ਮੂਰਖ' ਕੀਤਾ ਜਾ ਰਿਹਾ ਹੈ; ਇਸ ਦੇ ਨਾਲ-ਲਗਵਾਂ ਲਫ਼ਜ਼ 'ਦਿਵਾਨੇ' ਭੀ ਕੁਝ ਏਸੇ ਹੀ ਅਰਥ ਵਲ ਮਨ ਦਾ ਝੁਕਾਉ ਪੈਦਾ ਕਰਦਾ ਹੈ । ਪਰ ਇਹ ਗ਼ਲਤ ਹੈ, ਕਿਉਂਕਿ ਗੁਰੂ ਗ੍ਰੰਥ ਸਾਹਿਬ ਵਿਚ ਜਿਥੇ ਕਿਤੇ ਇਹ ਲਫ਼ਜ਼ ਆਉਂਦਾ ਹੈ ਇਸ ਦਾ ਅਰਥ "ਅੰਤ ਨੂੰ, ਆਖ਼ਰ ਨੂੰ" ਕੀਤਾ ਜਾਂਦਾ ਹੈ । ਇਹ ਸੰਸਕ੍ਰਿਤ ਦਾ ਲਫ਼ਜ਼ 'ਨਿਦਾਨ' {ਨਿਦਾਨ} ਹੈ ਜਿਸ ਦਾ ਅਰਥ ਹੈ 'ਅਖ਼ੀਰ, ਅੰਤ' (ਇਨਦ, ਟਇਰਮਨਿਓਟੋਨਿ) । ਵੇਖੋ :—

"ਬਿਨੁ ਨਾਵੈ ਪਾਜੁ ਲਹਗੁ ਨਿਦਾਨਿ ॥" {ਬਿਲਾਵਲੁ ਮ: ੩

"ਨਾਨਕ ਏਵ ਨ ਜਾਪਈ ਕੋਈ ਖਾਇ ਨਿਦਾਨਿ ॥" {ਸਲੋਕ ਮ:੧, ਬਿਲਾਵਲ ਕੀ ਵਾਰ

"ਕਹਿ ਕਬੀਰ ਤੇ ਅੰਤਿ ਬਿਗੂਤੇ ਆਇਆ ਕਾਲੁ ਨਿਦਾਨਾ ॥" {ਬਿਲਾਵਲੁ

ਬਾਕੀ ਰਿਹਾ ਇਹ ਇਤਰਾਜ਼ ਕਿ ਇਹ ਅਰਥ ਕਰਨ ਲੱਗਿਆਂ ਲਫ਼ਜ਼ "ਨਿਦਾਨਿ" ਨੂੰ ਚੁੱਕ ਕੇ ਅਖ਼ੀਰ ਤੇ ਲਫ਼ਜ਼ "ਫ਼ਨਖਾਨੈ" ਨਾਲ ਰਲਾਉਣਾ ਪੈਂਦਾ ਹੈ, ਇਸ 'ਅਨਵੈ' ਵਿਚ ਖਿੱਚ ਜਾਪਦੀ ਹੈ । ਇਸ ਦਾ ਉੱਤਰ ਇਹ ਹੈ ਕਿ ਹਰੇਕ ਕਵੀ ਦੀ ਕਵਿਤਾ ਦਾ ਆਪੋ ਆਪਣਾ ਢੰਗ ਹੈ; ਭਗਤ ਰਵਿਦਾਸ ਜੀ ਇਕ ਹੋਰ ਥਾਂ ਭੀ ਇਹੀ ਤਰੀਕਾ ਵਰਤਦੇ ਹਨ—

"ਨਿੰਦਕੁ ਸੋਧਿ ਸਾਧਿ ਬੀਚਾਰਿਆ ॥
ਕਹੁ ਰਵਿਦਾਸ ਪਾਪੀ ਨਰਕਿ ਸਿਧਾਰਿਆ ॥" {ਗੋਂਡ

ਇਸ ਪਰਮਾਣ ਵਿਚ ਦਾ ਲਫ਼ਜ਼ "ਨਿੰਦਕੁ" ਤੁਕ ਦਾ ਅਰਥ ਕਰਨ ਵੇਲੇ ਅਖ਼ੀਰ ਤੇ ਲਫ਼ਜ਼ "ਪਾਪੀ" ਦੇ ਨਾਲ ਵਰਤਣਾ ਪੈਂਦਾ ਹੈ ।

ਸ਼ਬਦ ਦਾ ਭਾਵ :—ਜਗਤ ਵਿਚ ਸਦਾ ਨਹੀਂ ਬੈਠ ਰਹਿਣਾ । ਇਸ ਦੇ ਮੋਹ ਵਿਚ ਮਸਤ ਹੋ ਕੇ ਪ੍ਰਭੂ-ਭਗਤੀ ਵਲੋਂ ਗ਼ਾਫ਼ਲ ਨਾਹ ਹੋਵੋ ।

ਸੂਹੀ ॥ ਊਚੇ ਮੰਦਰ ਸਾਲ ਰਸੋਈ ॥ ਏਕ ਘਰੀ ਫੁਨਿ ਰਹਨੁ ਨ ਹੋਈ ॥੧॥ ਇਹੁ ਤਨੁ ਐਸਾ ਜੈਸੇ ਘਾਸ ਕੀ ਟਾਟੀ ॥ ਜਲਿ ਗਇਓ ਘਾਸੁ ਰਲਿ ਗਇਓ ਮਾਟੀ ॥੧॥ ਰਹਾਉ ॥ ਭਾਈ ਬੰਧ ਕੁਟੰਬ ਸਹੇਰਾ ॥ ਓਇ ਭੀ ਲਾਗੇ ਕਾਢੁ ਸਵੇਰਾ ॥੨॥ ਘਰ ਕੀ ਨਾਰਿ ਉਰਹਿ ਤਨ ਲਾਗੀ ॥ ਉਹ ਤਉ ਭੂਤੁ ਭੂਤੁ ਕਰਿ ਭਾਗੀ ॥੩॥ ਕਹਿ ਰਵਿਦਾਸ ਸਭੈ ਜਗੁ ਲੂਟਿਆ ॥ ਹਮ ਤਉ ਏਕ ਰਾਮੁ ਕਹਿ ਛੂਟਿਆ ॥੪॥੩॥ {ਪੰਨਾ ੭੯੪}

ਪਦ ਅਰਥ :—ਸਾਲ ਰਸੋਈ—ਰਸੋਈ ਸ਼ਾਲਾ, ਰਸੋਈ ਖ਼ਾਨੇ, ਰਸੋਈ-ਘਰ । ਫੁਨਿ—ਮੁੜ (ਭਾਵ, ਮੌਤ ਆਇਆਂ) ।੧।

ਟਾਟੀ—ਟੱਟੀ, ਛੱਪਰ ।੧।ਰਹਾਉ।

ਭਾਈ ਬੰਧ—ਰਿਸ਼ਤੇਦਾਰ । ਸਹੇਰਾ—ਸਾਥੀ, ਯਾਰ ਮਿੱਤ੍ਰ । ਲਾਗੇ—ਕਹਿਣ ਲੱਗ ਪੈਂਦੇ ਹਨ । ਸਵੇਰਾ—ਸੁਵਖਤੇ, ਛੇਤੀ ।੨।

ਘਰ ਕੀ ਨਾਰਿ—ਆਪਣੀ ਵਹੁਟੀ । ਉਰਹਿ—ਛਾਤੀ ਨਾਲ । ਭੂਤੁ—ਗੁਜ਼ਰ ਗਿਆ ਹੈ, ਮਰ ਗਿਆ ਹੈ । ਭਾਗੀ—ਪਰੇ ਹਟ ਜਾਂਦੀ ਹੈ ।੩।

ਕਹਿ—ਕਹੇ, ਆਖਦਾ ਹੈ । ਲੂਟਿਆ—ਠੱਗਿਆ ਜਾ ਰਿਹਾ ਹੈ । ਤਉ—ਤਾਂ ।੪।

ਅਰਥ :—(ਜੇ) ਉੱਚੇ ਉੱਚੇ ਪੱਕੇ ਘਰ ਤੇ ਰਸੋਈ-ਖ਼ਾਨੇ ਹੋਣ (ਤਾਂ ਭੀ ਕੀਹ ਹੋਇਆ?) ਮੌਤ ਆਇਆਂ (ਇਹਨਾਂ ਵਿਚ) ਇਕ ਘੜੀ ਭੀ (ਵਧੀਕ) ਖਲੋਣਾ ਨਹੀਂ ਮਿਲਦਾ ।੧।

(ਪੱਕੇ ਘਰ ਆਦਿਕ ਤਾਂ ਕਿਤੇ ਰਹੇ) ਇਹ ਸਰੀਰ (ਭੀ) ਘਾਹ ਦੇ ਛੱਪਰ ਵਾਂਗ ਹੀ ਹੈ, ਘਾਹ ਸੜ ਜਾਂਦਾ ਹੈ, ਤੇ ਮਿੱਟੀ ਵਿਚ ਰਲ ਜਾਂਦਾ ਹੈ (ਇਹੀ ਹਾਲ ਸਰੀਰ ਦਾ ਹੁੰਦਾ ਹੈ) ।੧।ਰਹਾਉ।

(ਜਦੋਂ ਮਨੁੱਖ ਮਰ ਜਾਂਦਾ ਹੈ ਤਾਂ) ਰਿਸ਼ਤੇਦਾਰ, ਪਰਵਾਰ, ਸੱਜਣ ਸਾਥੀ—ਇਹ ਸਾਰੇ ਹੀ ਆਖਣ ਲੱਗ ਪੈਂਦੇ ਹਨ ਕਿ ਇਸ ਨੂੰ ਹੁਣ ਛੇਤੀ ਬਾਹਰ ਕੱਢੋ ।੨।

ਆਪਣੀ ਵਹੁਟੀ (ਭੀ) ਜੋ ਸਦਾ (ਮਨੁੱਖ) ਦੇ ਨਾਲ ਲੱਗੀ ਰਹਿੰਦੀ ਸੀ, ਇਹ ਆਖ ਕੇ ਪਰੇ ਹਟ ਜਾਂਦੀ ਹੈ ਇਹ ਤਾਂ ਹੁਣ ਮਰ ਗਿਆ ਹੈ, ਮਰ ਗਿਆ ।੩।

ਰਵਿਦਾਸ ਆਖਦਾ ਹੈ—ਸਾਰਾ ਜਗਤ ਹੀ (ਸਰੀਰ ਨੂੰ, ਜਾਇਦਾਦ ਨੂੰ, ਸੰਬੰਧੀਆਂ ਨੂੰ ਆਪਣਾ ਸਮਝ ਕੇ) ਠੱਗਿਆ ਜਾ ਰਿਹਾ ਹੈ, ਪਰ ਮੈਂ ਇਕ ਪਰਮਾਤਮਾ ਦਾ ਨਾਮ ਸਿਮਰ ਕੇ (ਇਸ ਠੱਗੀ ਤੋਂ) ਬਚਿਆ ਹਾਂ ।੪।੩।

ਸ਼ਬਦ ਦਾ ਭਾਵ :—ਇਥੇ ਚੰਦ-ਰੋਜ਼ਾ ਟਿਕਾਣਾ ਹੈ । ਅਸਲ ਸਾਥੀ ਪਰਮਾਤਮਾ ਹੀ ਹੈ ।

ੴ ਸਤਿਗੁਰ ਪ੍ਰਸਾਦਿ ॥
ਰਾਗੁ ਸੂਹੀ ਬਾਣੀ ਫਰੀਦ ਜੀ ਕੀ
ਤਪਿ ਤਪਿ ਲੁਹਿ ਲੁਹਿ ਹਾਥ ਮਰੋਰਉ ॥ ਬਾਵਲਿ ਹੋਈ ਸੋ ਸਹੁ ਲੋਰਉ ॥ ਤੈ ਸਹਿ ਮਨ ਮਹਿ ਕੀਆ ਰੋਸੁ ॥ ਮੁਝੁ ਅਵਗਨ ਸਹ ਨਾਹੀ ਦੋਸੁ ॥੧॥ ਤੈ ਸਾਹਿਬ ਕੀ ਮੈ ਸਾਰ ਨ ਜਾਨੀ ॥ ਜੋਬਨੁ ਖੋਇ ਪਾਛੈ ਪਛੁਤਾਨੀ ॥੧॥ ਰਹਾਉ ॥ ਕਾਲੀ ਕੋਇਲ ਤੂ ਕਿਤ ਗੁਨ ਕਾਲੀ ॥ ਅਪਨੇ ਪ੍ਰੀਤਮ ਕੇ ਹਉ ਬਿਰਹੈ ਜਾਲੀ ॥ ਪਿਰਹਿ ਬਿਹੂਨ ਕਤਹਿ ਸੁਖੁ ਪਾਏ ॥ ਜਾ ਹੋਇ ਕ੍ਰਿਪਾਲੁ ਤਾ ਪ੍ਰਭੂ ਮਿਲਾਏ ॥੨॥ ਵਿਧਣ ਖੂਹੀ ਮੁੰਧ ਇਕੇਲੀ ॥ ਨਾ ਕੋ ਸਾਥੀ ਨਾ ਕੋ ਬੇਲੀ ॥ ਕਰਿ ਕਿਰਪਾ ਪ੍ਰਭਿ ਸਾਧ ਸੰਗਿ ਮੇਲੀ ॥ ਜਾ ਫਿਰਿ ਦੇਖਾ ਤਾ ਮੇਰਾ ਅਲਹੁ ਬੇਲੀ ॥੩॥ ਵਾਟ ਹਮਾਰੀ ਖਰੀ ਉਡੀਣੀ ॥ ਖੰਨਿਅਹੁ ਤਿਖੀ ਬਹੁਤੁ ਪਿਈਣੀ ॥ ਉਸੁ ਊਪਰਿ ਹੈ ਮਾਰਗੁ ਮੇਰਾ ॥ ਸੇਖ ਫਰੀਦਾ ਪੰਥੁ ਸਮ੍ਹਾਰਿ ਸਵੇਰਾ ॥੪॥੧॥ {ਪੰਨਾ ੭੯੪}

ਪਦ ਅਰਥ :—ਤਪਿ ਤਪਿ—ਖਪ ਖਪ ਕੇ, ਦੁਖੀ ਹੋ ਹੋ ਕੇ । ਲੁਹਿ ਲੁਹਿ—ਲੁੱਛ ਲੁੱਛ ਕੇ, ਤੜਪ ਤੜਪ ਕੇ । ਹਾਥ ਮਰੋਰਉ—ਮੈਂ ਹੱਥ ਮਲਦੀ ਹਾਂ, ਮੈਂ ਪਛੁਤਾਉਂਦੀ ਹਾਂ । ਬਾਵਲਿ—ਕਮਲੀ, ਝੱਲੀ । ਲੋਰਉ—ਮੈਂ ਲੱਭਦੀ ਹਾਂ । ਸਹਿ—ਸਹ ਨੇ, ਖਸਮ ਨੇ । ਰੋਸੁ—ਗੁੱਸਾ । ਸਹ—ਖਸਮ ਦਾ ।੧।

ਸਾਰ—ਕਦਰ । ਖੋਇ—ਗਵਾ ਕੇ ।੧।ਰਹਾਉ।

ਕਿਤ ਗੁਨ—ਕਿਨ੍ਹਾਂ ਗੁਣਾਂ ਦੇ ਕਾਰਨ । ਹਉ—ਮੈਂ । ਬਿਰਹੈ—ਵਿਛੋੜੇ ਵਿਚ । ਜਾਲੀ—ਸਾੜੀ ।੨।

ਵਿਧਣ—(ਵਿਧੂਨ) ਕੰਬਾਉਣ ਵਾਲੀ, ਡਰਾਉਣ ਵਾਲੀ, ਭਿਆਨਕ । ਮੁੰਧ—ਇਸਤ੍ਰੀ । ਪ੍ਰਭਿ—ਪ੍ਰਭੂ ਨੇ । ਸਾਧ ਸੰਗਿ—ਸਤ ਸੰਗ ਵਿਚ । ਬੇਲੀ—ਮਦਦਗਾਰ ।੩।

ਵਾਟ—ਜੀਵਨ-ਸਫ਼ਰ । ਉਡੀਣੀ—ਦੁਖਦਾਈ, ਚਿੰਤਾਤੁਰ ਕਰਨ ਵਾਲੀ । ਖੰਨਿਅਹੁ—ਖੰਡੇ ਨਾਲੋਂ । ਪਿਈਣੀ—ਤੇਜ਼ ਧਾਰ ਵਾਲੀ, ਪਤਲੀ । ਸਮ੍ਹਾਰਿ—ਸੰਭਾਲ । ਸਵੇਰਾ—ਸੁਵਖਤੇ ।੪।

ਅਰਥ :—ਹੇ ਮੇਰੇ ਮਾਲਿਕ! ਮੈਂ ਤੇਰੀ ਕਦਰ ਨਾ ਜਾਤੀ, ਜੁਆਨੀ ਦਾ ਵੇਲਾ ਗਵਾ ਕੇ ਹੁਣ ਪਿਛੋਂ ਮੈਂ ਝੁਰ ਰਹੀ ਹਾਂ ।ਰਹਾਉ।

ਬੜੀ ਦੁਖੀ ਹੋ ਕੇ, ਬੜੀ ਤੜਫ ਕੇ ਮੈਂ ਹੁਣ ਹੱਥ ਮਲ ਰਹੀ ਹਾਂ, ਤੇ ਝੱਲੀ ਹੋ ਕੇ ਹੁਣ ਮੈਂ ਉਸ ਖਸਮ ਨੂੰ ਲੱਭਦੀ ਫਿਰਦੀ ਹਾਂ । ਹੇ ਖਸਮ-ਪ੍ਰਭੂ! ਤੇਰਾ ਕੋਈ ਦੋਸ (ਮੇਰੀ ਇਸ ਭੈੜੀ ਹਾਲਤ ਬਾਰੇ) ਨਹੀਂ ਹੈ, ਮੇਰੇ ਵਿਚ ਹੀ ਔਗੁਣ ਸਨ, ਤਾਹੀਏਂ ਤੂੰ ਆਪਣੇ ਮਨ ਵਿਚ ਮੇਰੇ ਨਾਲ ਰੋਸਾ ਕੀਤਾ ।੧।

(ਹੁਣ ਮੈਂ ਕੋਇਲ ਨੂੰ ਪੁੱਛਦੀ ਫਿਰਦੀ ਹਾਂ—) ਹੇ ਕਾਲੀ ਕੋਇਲ! ਭਲਾ, ਮੈਂ ਤਾਂ ਆਪਣੇ ਕਰਮਾਂ ਦੀ ਮਾਰੀ ਦੁਖੀ ਹਾਂ ਹੀ) ਤੂੰ ਭੀ ਕਿਉਂ ਕਾਲੀ (ਹੋ ਗਈ) ਹੈਂ? (ਕੋਇਲ ਭੀ ਇਹੀ ਉੱਤਰ ਦੇਂਦੀ ਹੈ) ਮੈਨੂੰ ਮੇਰੇ ਪ੍ਰੀਤਮ ਦੇ ਵਿਛੋੜੇ ਨੇ ਸਾੜ ਦਿੱਤਾ ਹੈ । (ਠੀਕ ਹੈ) ਖਸਮ ਤੋਂ ਵਿੱਛੁੜ ਕੇ ਕਿਥੇ ਕੋਈ ਸੁਖ ਪਾ ਸਕਦੀ ਹੈ? (ਪਰ ਜੀਵ-ਇਸਤ੍ਰੀ ਦੇ ਵੱਸ ਦੀ ਗੱਲ ਨਹੀਂ ਹੈ) ਜਦੋਂ ਪ੍ਰਭੂ ਆਪ ਮਿਹਰਬਾਨ ਹੁੰਦਾ ਹੈ ਤਾਂ ਆਪ ਹੀ ਮਿਲਾ ਲੈਂਦਾ ਹੈ ।੨।

(ਇਸ ਜਗਤ-ਰੂਪ) ਡਰਾਉਣੀ ਖੂਹੀ ਵਿਚ ਮੈਂ ਜੀਵ-ਇਸਤ੍ਰੀ ਇਕੱਲੀ (ਡਿੱਗੀ ਪਈ ਸਾਂ, ਇਥੇ) ਕੋਈ ਮੇਰਾ ਸਾਥੀ ਨਹੀਂ (ਮੇਰੇ ਦੁੱਖਾਂ ਵਿਚ) ਕੋਈ ਮੇਰਾ ਮਦਦਗਾਰ ਨਹੀਂ । ਹੁਣ ਜਦੋਂ ਪ੍ਰਭੂ ਨੇ ਮੇਹਰ ਕਰ ਕੇ ਮੈਨੂੰ ਸਤਸੰਗ ਵਿਚ ਮਿਲਾਇਆ ਹੈ, (ਸਤਸੰਗ ਵਿਚ ਆ ਕੇ) ਜਦੋਂ ਮੈਂ ਵੇਖਦੀ ਹਾਂ ਤਾਂ ਮੈਨੂੰ ਮੇਰਾ ਰੱਬ ਬੇਲੀ ਦਿੱਸ ਰਿਹਾ ਹੈ ।੩।

ਹੇ ਭਾਈ! ਅਸਾਡਾ ਇਹ ਜੀਵਨ-ਪੰਧ ਬੜਾ ਭਿਆਨਕ ਹੈ, ਖੰਡੇ ਨਾਲੋਂ ਤਿੱਖਾ ਹੈ, ਬੜੀ ਤੇਜ਼ ਧਾਰ ਵਾਲਾ ਹੈ; ਇਸ ਦੇ ਉਤੋਂ ਦੀ ਅਸਾਂ ਲੰਘਣਾ ਹੈ । ਇਸ ਵਾਸਤੇ, ਹੇ ਫਰੀਦ! ਸਵੇਰੇ ਸਵੇਰੇ ਰਸਤਾ ਸੰਭਾਲ ।੪।੧।

ਸੂਹੀ ਲਲਿਤ ॥ ਬੇੜਾ ਬੰਧਿ ਨ ਸਕਿਓ, ਬੰਧਨ ਕੀ ਵੇਲਾ ॥ ਭਰਿ ਸਰਵਰੁ ਜਬ ਊਛਲੈ, ਤਬ ਤਰਣੁ ਦੁਹੇਲਾ ॥੧॥ ਹਥੁ ਨ ਲਾਇ ਕਸੁੰਭੜੈ, ਜਲਿ ਜਾਸੀ ਢੋਲਾ ॥੧॥ ਰਹਾਉ ॥ ਇਕ ਆਪੀਨ੍ਹੈ ਪਤਲੀ, ਸਹ ਕੇ ਰੇ ਬੋਲਾ ॥ ਦੁਧਾਥਣੀ ਨ ਆਵਈ ਫਿਰਿ ਹੋਇ ਨ ਮੇਲਾ ॥੨॥ ਕਹੈ ਫਰੀਦੁ ਸਹੇਲੀਹੋ, ਸਹੁ ਅਲਾਏਸੀ ॥ ਹੰਸੁ ਚਲਸੀ ਡੁੰਮਣਾ, ਅਹਿ ਤਨੁ ਢੇਰੀ ਥੀਸੀ ॥੩॥੨॥ {ਪੰਨਾ ੭੯੪}

{ਨੋਟ :—(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹਰੇਕ ਸ਼ਬਦ ਵਿਚ 'ਰਹਾਉ' ਦੀਆਂ ਇਕ ਜਾਂ ਦੋ ਤੁਕਾਂ ਆਉਂਦੀਆਂ ਹਨ । 'ਰਹਾਉ' ਦਾ ਅਰਥ ਹੈ 'ਟਿਕਾਉ', 'ਠਹਿਰਨਾ' । ਸੋ ਸਾਰੇ ਸ਼ਬਦ ਨੂੰ ਸਮਝਣ ਲਈ ਪਹਿਲਾਂ ਉਸ ਤੁਕ ਉਤੇ ਠਹਿਰਨਾ ਹੈ, ਜਿਸ ਦੇ ਨਾਲ 'ਰਹਾਉ' ਲਿਖਿਆ ਹੈ । ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦਾਂ ਨੂੰ ਸਮਝਣ ਦਾ ਮੂਲ-ਨਿਯਮ ਇਹੀ ਹੈ ਕਿ ਪਹਿਲਾਂ 'ਰਹਾਉ' ਦੀ ਤੁਕ ਨੂੰ ਜਾਂ ਪਦ ਨੂੰ ਚੰਗੀ ਤਰ੍ਹਾਂ ਸਮਝ ਲਿਆ ਜਾਏ । ਮੁਖ-ਭਾਵ ਇਸ ਤੁਕ ਜਾਂ ਪਦ ਵਿਚ ਹੁੰਦਾ ਹੈ, ਬਾਕੀ ਦੇ ਪਦ ਇਸ ਮੁਖ ਭਾਵ ਦਾ ਵਿਸਥਾਰ ਹੁੰਦੇ ਹਨ ।

ਹਥੁ ਨ ਲਾਇ ਕਸੁੰਭੜੈ, ਜਲਿ ਜਾਸੀ ਢੋਲਾ ॥੧॥ਰਹਾਉ॥

'ਕਸੁੰਭਾ' ਇਕ ਫੁੱਲ ਦਾ ਨਾਮ ਹੈ, ਜਿਸ ਦਾ ਰੰਗ ਵੇਖਣ ਨੂੰ ਤਾਂ ਬੜਾ ਚੁਹਚੁਹਾ ਹੁੰਦਾ ਹੈ, ਪਰ ਛੇਤੀ ਹੀ ਖ਼ਰਾਬ ਹੋ ਜਾਂਦਾ ਹੈ ਇਸ ਦੇ ਮੁਕਾਬਲੇ ਤੇ 'ਮਜੀਠ' ਹੈ; ਇਸ ਦਾ ਰੰਗ ਪੱਕਾ ਹੁੰਦਾ ਹੈ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਇਹ ਦੋਵੇਂ ਪਦਾਰਥ ਟਾਕਰੇ ਤੇ 'ਮਾਇਆ' ਅਤੇ 'ਨਾਮ' ਲਈ ਵਰਤੇ ਗਏ ਹਨ, ਕਿਉਂਕਿ ਮਾਇਆ ਦਾ ਸਾਥ ਚਾਰ ਦਿਨ ਦਾ ਹੈ, ਤੇ, ਨਾਮ-ਧਨ ਸਦਾ ਨਾਲ ਨਿਭਣ ਵਾਲਾ ਹੈ । 'ਕਸੁੰਭੜੈ' ਫੁੱਲ ਦੇ ਨਾਲ 'ਜਲਿ' ਜਾਣ ਦਾ ਸ਼ਬਦ ਵਰਤਣਾ ਭੀ ਪੰਜਾਬੀ ਮੁਹਾਵਰੇ ਦੇ ਅਨੁਸਾਰ ਹੀ ਹੈ । ਅਸੀ ਆਮ ਤੌਰ ਤੇ ਆਖਦੇ ਹਾਂ, 'ਫੁੱਲ ਸੜ ਗਿਆ'। ਲਫ਼ਜ਼ 'ਜਲਿ' ਦਾ ਸੰਬੰਧ ਲਫ਼ਜ਼ 'ਕਸੁੰਭੜੈ' ਨਾਲ ਹੈ । ਇਸ ਨੂੰ ਹੋਰ ਵਧੀਕ ਸਪਸ਼ਟ ਕਰਨ ਲਈ ਇਸੇ ਰਾਗ ਦੇ ਮੁੱਢ ਤੇ ਗੁਰੂ ਨਾਨਕ ਸਾਹਿਬ ਦਾ ਇਕ ਸ਼ਬਦ ਕਾਫ਼ੀ ਹੈ । ਇਹਨਾਂ ਦੋਹਾਂ ਸ਼ਬਦਾਂ ਨੂੰ ਆਮ੍ਹੋ ਸਾਹਮਣੇ ਰੱਖ ਕੇ ਇਕ ਇਕ ਪਦ ਦਾ ਟਾਕਰਾ ਕਰ ਕੇ ਪੜ੍ਹੀਏ ਤਾਂ ਇਉਂ ਪਰਤੀਤ ਹੁੰਦਾ ਹੈ ਕਿ ਸ਼ੇਖ਼ ਫ਼ਰੀਦ ਜੀ ਦੇ ਭਾਵ ਨੂੰ ਸਪਸ਼ਟ ਕਰਨ ਲਈ ਸਾਹਿਬ ਗੁਰੂ ਨਾਨਕ ਦੇਵ ਜੀ ਨੇ ਇਹ ਸ਼ਬਦ ਉਚਾਰਿਆ ਹੈ । ਸ਼ਬਦ ਇਉਂ ਹੈ :—

ਸੂਹੀ ਮਹਲਾ ੧ ॥ ਜਪ ਤਪ ਕਾ ਬੰਧੁ ਬੇੜੁਲਾ, ਜਿਤੁ ਲੰਘਹਿ ਵਹੇਲਾ ॥ ਨਾ ਸਰਵਰੁ ਨਾ ਊਛਲੈ, ਐਸਾ ਪੰਥੁ ਸੁਹੇਲਾ ॥੧॥ ਤੇਰਾ ਏਕੋ ਨਾਮੁ ਮੰਜੀਠੜਾ, ਰਤਾ ਮੇਰਾ ਚੋਲਾ, ਸਦ ਰੰਗ ਢੋਲਾ ॥੧॥ ਰਹਾਉ ॥ ਸਾਜਨ ਚਲੇ ਪਿਆਰਿਆ, ਕਿਉ ਮੇਲਾ ਹੋਈ ॥ ਜੇ ਗੁਣ ਹੋਵਹਿ ਗੰਠੜੀਐ, ਮੇਲੇਗਾ ਸੋਈ ॥੨॥ ਮਿਲਿਆ ਹੋਇ ਨ ਵੀਛੁੜੈ, ਜੇ ਮਿਲਿਆ ਹੋਈ ॥ ਆਵਾਗਉਣੁ ਨਿਵਾਰਿਆ, ਹੈ ਸਾਚਾ ਸੋਈ ॥੩॥ ਹਉਮੈ ਮਾਰਿ ਨਿਵਾਰਿਆ, ਸੀਤਾ ਹੈ ਚੋਲਾ ॥ ਗੁਰ ਬਚਨੀ ਫਲੁ ਪਾਇਆ, ਸਹ ਕੇ ਅੰਮ੍ਰਿਤ ਬੋਲਾ ॥੪॥ ਨਾਨਕੁ ਕਹੈ ਸਹੇਲੀਹੋ, ਸਹੁ ਖਰਾ ਪਿਆਰਾ ॥ ਹਮ ਸਹ ਕੇਰੀਆ ਦਾਸੀਆ, ਸਾਚਾ ਖਸਮੁ ਹਮਾਰਾ ॥੫॥੨॥੪॥ {ਪੰਨਾ ੭੨੯}

ਇਸ ਸ਼ਬਦ ਦਾ ਇਕ ਇਕ ਪਦ ਫ਼ਰੀਦ ਜੀ ਦੇ ਸ਼ਬਦ ਦੇ ਇਕ ਇਕ ਪਦ ਦੇ ਭਾਵ ਨੂੰ ਖੋਲ੍ਹ ਰਿਹਾ ਹੈ । ਇਹੀ ਹਾਲ "ਰਹਾਉ" ਦੀ ਤੁਕ ਦਾ ਹੈ । "ਕਸੁੰਭੇ" ਦੇ ਟਾਕਰੇ ਤੇ 'ਮੰਜੀਠ' ਸ਼ਬਦ ਵਰਤਿਆ ਹੈ । ਤਾਂ ਤੇ "ਕਸੁੰਭੜੈ" ਦਾ ਅਰਥ ਕਸੁੰਭਾ ਫੁੱਲ ਹੀ ਹੈ, ਜੋ 'ਮਾਇਆ' ਵਾਸਤੇ ਵਰਤਿਆ ਹੈ ।

ਅਰਥ :—ਹੇ ਮਿੱਤਰ! ਕਸੁੰਭੇ-ਰੂਪ ਮਾਇਆ ਨੂੰ ਹੱਥ ਨਾ ਲਾ, ਇਹ ਕਸੁੰਭਾ ਸੜ ਜਾਇਗਾ, ਭਾਵ, ਇਹ ਮਾਇਆ ਦਾ ਸਾਥ ਛੇਤੀ ਨਸ਼ਟ ਹੋਣ ਵਾਲਾ ਹੈ ।ਰਹਾਉ।

ਮੂਲ :—ਬੇੜਾ ਬੰਧਿ ਨ ਸਕਿਓ, ਬੰਧਨ ਕੀ ਵੇਲਾ ॥

(ਪ੍ਰ:) ਕੈਸਾ ਬੇੜਾ?

(ਉ:) ਜਪ ਤਪ ਕਾ ਬੰਧੁ ਬੇੜੁਲਾ ॥

ਮੂਲ :—ਇਕ ਆਪੀਨ੍ਹੈ, ਪਤਲੀ ਸਹ ਕੇ ਰੇ ਬੋਲਾ ॥

ਇਸ ਤੁਕ ਦਾ ਠੀਕ ਪਾਠ ਕਰਨ ਲਈ ਤੇ ਠੀਕ ਅਰਥ ਸਮਝਣ ਲਈ ਗੁਰੂ ਨਾਨਕ ਦੇਵ ਜੀ ਦੇ ਉਪਰ-ਦਿੱਤੇ ਸ਼ਬਦ ਦਾ ਪੜ੍ਹੋ ਪਦ ਨੰ: ੪ ।

'ਗੁਰ ਬਚਨੀ ਪਲੁ ਪਾਇਆ, ਸਹ ਕੇ ਅੰਮ੍ਰਿਤ ਬੋਲਾ ॥

ਜਿਨ੍ਹਾਂ ਕਸੁੰਭੇ ਨੂੰ ਹੱਥ ਲਾਇਆ ਉਹ "ਆਪੀਨ੍ਹੈ ਪਤਲੀ" ਰਹੀਆਂ ਤੇ ਉਹਨਾਂ ਨੂੰ ਪ੍ਰਾਪਤ ਕੀਹ ਹੋਇਆ? "ਸਹ ਕੇ ਰੇ ਬੋਲਾ" । ਪਰ ਜਿਨ੍ਹਾਂ ਦਾ ਚੋਲਾ ਨਾਮ-ਮੰਜੀਠ ਨਾਲ ਰੰਗਿਆ ਗਿਆ, ਉਹਨਾਂ ਨੇ ਫਲ ਪਾਇਆ "ਸਹ ਕੇ ਅੰਮ੍ਰਿਤ ਬੋਲਾ" ।

ਇਹਨਾਂ ਦੋਹਾਂ ਤੁਕਾਂ ਦੇ ਸਾਰੇ ਲਫ਼ਜ਼ਾਂ ਨੂੰ ਆਪੋ ਵਿਚ ਟਕਰਾ ਕੇ ਵੇਖੋ । ਲਫ਼ਜ਼ 'ਸਹ', 'ਕੇ', 'ਬੋਲਾ'—ਇਹ ਤਿੰਨੇ ਹੀ ਦੋਹਾਂ ਵਿਚ ਸਾਂਝੇ ਹਨ । ਗੁਰੂ ਨਾਨਕ ਸਾਹਿਬ ਵਾਲੇ ਸ਼ਬਦ ਦੀ ਤੁਕ ਵਿਚ ਲਫ਼ਜ਼ 'ਅੰਮ੍ਰਿਤ' ਦੇ ਟਾਕਰੇ ਤੇ ਫ਼ਰੀਦ ਜੀ ਦਾ ਲਫ਼ਜ਼ 'ਰੇ' ਰਹਿ ਗਿਆ ।

ਤਾਂ ਤੇ ਪਾਠ "ਸਹ ਕੇ ਰੇ ਬੋਲਾ" ਹੈ, ਭਾਵ, 'ਕੇ' ਅਤੇ 'ਰੇ' ਵਖ ਵਖ ਹਨ । ਰੇ—ਅਨਾਦਰੀ ਦੇ ਬਚਨ । ਜਿਵੇਂ :—

"ਰੇ ਰੇ ਦਰਗਹ ਕਹੈ ਨ ਕੋਊ"

ਅਰਥ :—ਕਈ ਜੀਵ-ਇਸਤ੍ਰੀਆਂ (ਜਿਨ੍ਹਾਂ ਕਸੁੰਭੇ ਨੂੰ ਹੱਥ ਲਾਇਆ ਹੈ) ਆਪਣੇ ਆਪ ਵਿਚ ਪਤਲੀਆਂ ਹਨ ਉਹਨਾਂ ਨੂੰ ਪਤੀ ਦੇ ਅਨਾਦਰੀ ਦੇ ਬਚਨ ਹੀ ਮਿਲਦੇ ਹਨ ।

ਪਤਲੀਆਂ—ਨਾਜ਼ਕ, ਅਹੰਕਾਰਣਾਂ, ਚਤਰ-ਬੁੱਧ, ਕਮਜ਼ੋਰ ਆਤਮਕ ਜੀਵਨ ਵਾਲੀਆਂ ।

ਮੂਲ :—ਦੁਧਾਥਣੀ ਨ ਆਵਈ ਫਿਰਿ ਹੋਇ ਨ ਮੇਲਾ ।੨।

ਇਸ ਤੁਕ ਨੂੰ ਸਮਝਣ ਲਈ ਭੀ ਉਪਰ-ਦਿੱਤੇ ਸ਼ਬਦ ਦਾ ਵੇਖੋ ਪਦ ਨੰ: ੨ ਤੇ ੩ ।

(ਪ੍ਰ:) ਕਿਸ ਮਿਲਾਪ ਦਾ ਜ਼ਿਕਰ ਹੈ?

(ਉ:) ਹਰੀ ਨਾਲ ਮਿਲਾਪ ਦਾ । ਮਨੁੱਖਾ ਜਨਮ ਦੇ ਮਿਲਣ ਵਲ ਇਸ਼ਾਰਾ ਨਹੀਂ ਹੈ । ਤਾਂ ਤੇ "ਫਿਰਿ ਹੋਇ ਨ ਮੇਲਾ" ਦਾ ਭਾਵ ਹੈ (ਜੇ ਕਸੁੰਭੇ ਨੂੰ ਹੱਥ ਲਾਇਆ) ਤਾਂ ਪਤੀ-ਪਰਮਾਤਮਾ ਨਾਲ ਮੇਲ ਨਹੀਂ ਹੋਵੇਗਾ ।

ਬਾਕੀ ਰਹਿ ਗਈ ਪਹਿਲੀ ਅੱਧੀ ਤੁਕ 'ਦੁਧਾਥਣੀ ਨ ਆਵਈ' ।

(ਪ੍ਰ:) ਇਸਤ੍ਰੀ ਦੇ ਥਣਾਂ ਵਿਚ ਦੁਧ ਕਦੋਂ ਆਉਂਦਾ ਹੈ?

(ਉ:) ਕੁਦਰਤਿ ਦੇ ਨਿਯਮ ਅਨੁਸਾਰ ਜਦੋਂ ਉਸ ਦਾ ਆਪਣੇ ਪਤੀ ਨਾਲ ਮਿਲਾਪ ਹੁੰਦਾ ਹੈ ਤੇ ਪੁੱਤਰ-ਵਤੀ ਬਣਦੀ ਹੈ, ਜਦੋਂ ਸੁਹਾਗ ਭਾਗ ਵਾਲੀ ਹੁੰਦੀ ਹੈ ।

ਉਸ ਸਾਰੀ ਤੁਕ ਦਾ ਅਰਥ ਇਉਂ ਹੈ :—ਜੇ ਕਸੁੰਭੇ ਨੂੰ ਹੱਥ ਲਾਇਆ ਤਾਂ ਇਸਤ੍ਰੀ ਸੁਹਾਗ-ਵਤੀ ਨਹੀਂ ਹੋ ਸਕੇਗੀ, ਤੇ, ਪਤੀ ਨਾਲ ਮਿਲਾਪ ਨਹੀਂ ਹੋ ਸਕੇਗਾ ।

ਇਸ ਅਰਥ ਦੀ ਪ੍ਰੋੜ੍ਹਤਾ ਲਈ ਸਾਹਿਬ ਗੁਰੂ ਨਾਨਕ ਦੇਵ ਜੀ ਦਾ ਹੇਠ ਲਿਖਿਆ ਸ਼ਬਦ ਖ਼ਾਸ ਧਿਆਨ-ਯੋਗ ਹੈ :—

ਰਾਗ ਗਉੜੀ ਪੂਰਬੀ ਛੰਤ ਮਹਲਾ ੧ ॥ ਮੁੰਧ ਰੈਣਿ ਦੁਹੇਲੜੀਆ ਜੀਉ, ਨੀਦ ਨ ਆਵੈ ॥ ਸਾਧਨ ਦੁਬਲੀਆ ਜੀਉ, ਪਿਰ ਕੈ ਹਾਵੈ ॥ ਧਨ ਥੀਈ ਦੁਬਲਿ ਕੰਤ ਹਾਵੈ, ਕੇਵ ਨੈਣੀ ਦੇਖਏ ॥ ਸੀਗਾਰ ਮਿਠ ਰਸ ਭੋਗ ਭੋਜਨ, ਸਭੁ ਝੂਠੁ ਕਿਤੈ ਨ ਲੇਖਏ ॥ ਮੈ ਮਤਿ ਜੋਬਨਿ ਗਰਬਿ ਗਾਲੀ, ਦੁਧਾਥਣੀ ਨ ਆਵਏ ॥ ਨਾਨਕ ਸਾਧਨ ਮਿਲੈ ਮਿਲਾਈ, ਬਿਨੁ ਪਿਰ ਨੀਦ ਨ ਆਵਏ ॥੧॥ {ਪੰਨਾ ੨੪੨}

ਇਸ ਛੰਤ ਵਿਚ ਕੇਵਲ ਜੀਵ-ਇਸਤ੍ਰੀ ਤੇ ਪਤੀ-ਪਰਮਾਤਮਾ ਦੇ ਮਿਲਾਪ ਦਾ ਹੀ ਜ਼ਿਕਰ ਹੈ, ਮਨੁੱਖਾ-ਜਨਮ ਵਲ ਕਿਤੇ ਇਸ਼ਾਰਾ ਨਹੀਂ ਹੈ । ਇਹ ਅਨੁਮਾਨ ਲੱਗ ਸਕਦਾ ਹੈ ਕਿ ਫ਼ਰੀਦ ਜੀ ਨੇ ਅਤੇ ਸਾਹਿਬ ਗੁਰੂ ਨਾਨਕ ਦੇਵ ਜੀ ਨੇ ਇਕੋ ਹੀ ਮੁਹਾਵਰਾ ਜੀਵ-ਇਸਤ੍ਰੀ ਦੇ ਸੁਹਾਗ-ਵਤੀ ਹੋਣ ਸੰਬੰਧੀ ਵਰਤਿਆ ਹੈ । 'ਰਹਾਉ' ਦੀ ਤੁਕ ਨੂੰ ਸਾਹਮਣੇ ਰੱਖ ਕੇ ਸਾਰੇ ਸ਼ਬਦ ਨੂੰ ਪੜ੍ਹਿਆਂ ਇਹੀ ਪ੍ਰਤੱਖ ਦਿੱਸਦਾ ਹੈ ਕਿ ਕਸੁੰਭੇ ਨੂੰ ਹੱਥ ਲਾਣ ਦਾ ਭਿਆਨਕ ਸਿੱਟਾ ਦੱਸਿਆ ਗਿਆ ਹੈ ।

ਪਦ ਅਰਥ :—ਬੇੜਾ—ਨਾਮ-ਸਿਮਰਨ ਰੂਪ ਬੇੜਾ, 'ਜਪ ਤਪ ਕਾ' ਬੇੜਾ । ਬੰਧਿ ਨ ਸਕਿਓ—(ਕਸੁੰਭੇ ਨੂੰ ਹੀ ਹੱਥ ਪਾਈ ਰੱਖਣ ਕਰਕੇ ਜੀਵ) ਤਿਆਰ ਨਾਹ ਕਰ ਸਕਿਆ । ਬੰਧਨ ਕੀ ਵੇਲਾ—(ਬੇੜਾ) ਤਿਆਰ ਕਰਨ ਦੀ ਉਮਰੇ । ਭਰਿ—(ਵਿਕਾਰਾਂ ਨਾਲ ਨਕਾ ਨਕ) ਭਰ ਕੇ । ਦੁਹੇਲਾ—ਔਖਾ ।੧।

ਢੋਲਾ—ਹੇ ਮਿੱਤਰ! ਜਲਿ ਜਾਸੀ—(ਕਸੁੰਭਾ) ਸੜ ਜਾਇਗਾ, ਕਸੁੰਭੇ ਦਾ ਰੰਗ ਬਹੁਤਾ ਚਿਰ ਰਹਿਣ ਵਾਲਾ ਨਹੀਂ, ਮਾਇਆ ਦੀ ਮੌਜ ਥੋੜੇ ਦਿਨ ਹੀ ਰਹਿੰਦੀ ਹੈ । ਹਥੁ ਨ ਲਾਇ ਕਸੁੰਭੜੈ—ਭੈੜੇ ਕਸੁੰਭੇ ਨੂੰ ਹੱਥ ਨ ਲਾ, ਚੰਦ੍ਰੀ ਮਾਇਆ ਨਾਲ ਨਾਹ ਜੋੜੀ ਰੱਖ ।ਰਹਾਉ।

ਇਕ—ਕਈ (ਜੀਵ-) ਇਸਤ੍ਰੀਆਂ । ਆਪੀਨ੍ਹੈ—ਆਪਣੇ ਆਪ ਵਿਚ । ਪਤਲੀ—ਕਮਜ਼ੋਰ ਆਤਮਕ ਜੀਵਨ ਵਾਲੀਆਂ । ਰੇ ਬੋਲਾ—ਨਿਰਾਦਰੀ ਦੇ ਬਚਨ । ਦੁਧਾਥਣੀ—ਉਹ ਅਵਸਥਾ ਜਦੋਂ ਇਸਤ੍ਰੀ ਦੇ ਥਣਾਂ ਵਿਚ ਦੁੱਧ ਆਉਂਦਾ ਹੈ, ਪਤੀ-ਮਿਲਾਪ । ਫਿਰਿ—ਕਿ ਇਹ ਵੇਲਾ ਖੁੰਝਣ ਤੇ ।੨।

ਨੋਟ :—ਗੁਰੂ ਨਾਨਕ ਸਾਹਿਬ ਦੇ ਆਪਣੇ ਸ਼ਬਦ ਨੂੰ ਛੱਡ ਕੇ ਵਲਾਇਤ ਵਾਲੀ ਸਾਖੀ ਦਾ ਆਸਰਾ ਲੈਂਦੇ ਫਿਰਨਾ, ਫਿਰ ਉਸ ਦੇ ਭੀ ਗ਼ਲਤ ਪਾਠ ਦਾ ਆਸਰਾ

ਲੈਣਾ, ਸਿਆਣਪ ਦੀ ਗੱਲ ਨਹੀਂ ਹੈ, ਲਫ਼ਜ਼ "ਇਕ" ਬਹੁ-ਵਚਨ ਹੀ ਹੈ, ਪਰ ਹੈ ਇਹ 'ਇਸਤ੍ਰੀ-ਲਿੰਗ'; ਪੁਲਿੰਗ ਵਿਚ ਆਮ ਤੌਰ ਤੇ ਬਹੁ-ਵਚਨ ਲਫ਼ਜ਼ 'ਇਕ' ਤੋਂ "ਇਕਿ" ਹੁੰਦਾ ਹੈ । ਲਫ਼ਜ਼ 'ਦੁਧਾਥਣੀ' ਦੇ ਦੋ ਹਿੱਸੇ 'ਦੁਧਾ' ਅਤੇ 'ਥਣੀ' ਕਰ ਦੇਣੇ ਭੀ ਗ਼ਲਤ ਹੈ । ਇਹ ਲਫ਼ਜ਼ ਇਕੋ ਹੀ ਤੇ 'ਸਮਾਸੀ' ਲਫ਼ਜ਼ ਹੈ । ਸਾਰੇ ਗੁਰੂ ਗ੍ਰੰਥ ਸਾਹਿਬ ਵਿਚ ਸਿਰਫ਼ ਦੋ ਵਾਰੀ ਆਇਆ ਹੈ, ਦੂਜੀ ਵਾਰੀ ਗੁਰੂ ਨਾਨਕ ਸਾਹਿਬ ਨੇ ਵਰਤਿਆ ਹੈ ।

ਸਹੁ—ਖਸਮ ਪ੍ਰਭੂ । ਅਲਾਏਸੀ—ਬੁਲਾਇਗਾ, ਸੱਦੇਗਾ, ਸੱਦਾ ਭੇਜੇਗਾ । ਹੰਸੁ—ਜੀਵ-ਆਤਮਾ । ਡੁੰਮਣਾ—(ਡੁ+ਮਣਾ) ਦੁਚਿੱਤਾ (ਹੋ ਕੇ), ਜੱਕੋ-ਤੱਕੇ ਕਰਦਾ । ਅਹਿ ਤਨੁ—ਇਹ ਸਰੀਰ । ਥੀਸੀ—ਹੋ ਜਾਇਗਾ ।੩।

ਅਰਥ :—ਹੇ ਸੱਜਣ! ਚੰਦ੍ਰੀ ਮਾਇਆ ਨਾਲ ਹੀ ਆਪਣੇ ਮਨ ਨੂੰ ਨਾਹ ਜੋੜੀ ਰੱਖ, ਇਹ ਮਾਇਆ ਚਾਰ ਦਿਨ ਦੀ ਖੇਡ ਹੈ ।੧।

(ਜਿਸ ਮਨੁੱਖ ਨੇ ਮਾਇਆ ਨਾਲ ਹੀ ਮਨ ਲਾਈ ਰੱਖਿਆ) ਉਹ (ਬੇੜਾ) ਤਿਆਰ ਕਰਨ ਵਾਲੀ ਉਮਰੇ ਨਾਮ-ਰੂਪ ਬੇੜਾ ਤਿਆਰ ਨਾਹ ਕਰ ਸਕਿਆ, ਤੇ, ਜਦੋਂ ਸਰੋਵਰ (ਨਕਾ ਨਕ) ਭਰ ਕੇ (ਬਾਹਰ) ਉਛਲਣ ਲੱਗ ਪੈਂਦਾ ਹੈ ਤਦੋਂ ਇਸ ਵਿਚ ਤਰਨਾ ਔਖਾ ਹੋ ਜਾਂਦਾ ਹੈ (ਭਾਵ; ਜਦੋਂ ਮਨੁੱਖ ਵਿਕਾਰਾਂ ਦੀ ਅੱਤ ਕਰ ਦੇਂਦਾ ਹੈ, ਤਾਂ ਇਹਨਾਂ ਦੇ ਚਸਕੇ ਵਿਚੋਂ ਨਿਕਲਣਾ ਔਖਾ ਹੋ ਜਾਂਦਾ ਹੈ) ।੧।

ਜੋ ਜੀਵ-ਇਸਤ੍ਰੀਆਂ (ਮਾਇਆ ਨਾਲੋਂ ਮੋਹ ਪਾਣ ਕਰਕੇ) ਆਪਣੇ ਆਪ ਵਿਚ ਕਮਜ਼ੋਰ ਆਤਮਕ ਜੀਵਨ ਵਾਲੀਆਂ ਹੋ ਜਾਂਦੀਆਂ ਹਨ, ਉਹਨਾਂ ਨੂੰ (ਪ੍ਰਭੂ-) ਪਤੀ ਦੇ ਦਰ ਤੋਂ ਅਨਾਦਰੀ ਦੇ ਬੋਲ ਨਸੀਬ ਹੁੰਦੇ ਹਨ; ਉਹਨਾਂ ਉੱਤੇ ਪਤੀ-ਮਿਲਾਪ ਦੀ ਅਵਸਥਾ ਨਹੀਂ ਆਉਂਦੀ ਤੇ ਮਨੁੱਖਾ ਜਨਮ ਦਾ ਸਮਾ ਖੁੰਝਣ ਤੇ (ਜਦੋਂ ਨਾਮ-ਸਿਮਰਨ ਦਾ ਬੇੜਾ ਤਿਆਰ ਹੋ ਸਕਦਾ ਸੀ) ਪ੍ਰਭੂ ਨਾਲ ਮੇਲ ਨਹੀਂ ਹੋ ਸਕਦਾ ।੨।

ਫ਼ਰੀਦ ਆਖਦਾ ਹੈ—ਹੇ ਸਹੇਲੀਓ! ਜਦੋਂ ਪਤੀ ਪ੍ਰਭੂ ਦਾ ਸੱਦਾ (ਇਸ ਜਗਤ ਵਿਚੋਂ ਤੁਰਨ ਲਈ) ਆਵੇਗਾ, ਤਾਂ (ਮਾਇਆ ਵਿਚ ਹੀ ਗ੍ਰਸੀ ਰਹਿਣ ਵਾਲੀ ਜੀਵ-ਇਸਤ੍ਰੀ ਦਾ) ਆਤਮਾ-ਹੰਸ ਜੱਕੋ-ਤੱਕੇ ਕਰਦਾ ਹੋਇਆ (ਇਥੋਂ) ਤੁਰੇਗਾ (ਭਾਵ, ਮਾਇਆ ਤੋਂ ਵਿਛੁੜਨ ਨੂੰ ਚਿੱਤ ਨਹੀਂ ਕਰੇਗਾ), ਤੇ ਇਹ ਸਰੀਰ ਮਿੱਟੀ ਦੀ ਢੇਰੀ ਹੋ ਜਾਇਗਾ ।੩।੨।

ਜ਼ਰੂਰੀ ਨੋਟ :—ਸੂਹੀ ਰਾਗ ਵਿਚ ਲਿਖੇ ਹੋਏ ਗੁਰੂ ਨਾਨਕ ਸਾਹਿਬ ਅਤੇ ਫ਼ਰੀਦ ਜੀ ਦੋਹਾਂ ਦੇ ਸ਼ਬਦਾਂ ਨੂੰ (ਜੋ ਉੱਪਰ ਦਿੱਤੇ ਗਏ ਹਨ) ਰਤਾ ਗਹੁ ਨਾਲ ਪੜ੍ਹ ਕੇ ਵੇਖੋ । ਫ਼ਰੀਦ ਜੀ ਨੇ ਉਸ ਮਨੁੱਖ ਦੀ ਹਾਲਤ ਦੱਸੀ ਹੈ ਜੋ ਸਾਰੀ ਉਮਰ ਆਪਣਾ ਮਨ ਮਾਇਆ ਵਿਚ ਜੋੜੀ ਰੱਖੇ, ਗੁਰੂ ਨਾਨਕ ਸਾਹਿਬ ਨੇ ਉਸ ਦਾ ਨਕਸ਼ਾ ਖਿੱਚਿਆ ਹੈ ਜੋ ਸਦਾ ਨਾਮ ਰੰਗ ਵਿਚ ਰੰਗਿਆ ਰਹੇ :—

(੧) ਮਾਇਆ-ਵੇੜ੍ਹੇ ਜੀਵ ਲਈ ਸੰਸਾਰ-ਸਰੋਵਰ ਵਿਕਾਰਾਂ ਦੀਆਂ ਲਹਿਰਾਂ ਨਾਲ ਨਕਾ-ਨਕ ਭਰ ਜਾਂਦਾ ਹੈ, ਇਸ ਵਿਚੋਂ ਉਹ ਆਪਣੀ ਜ਼ਿੰਦਗੀ ਦੀ ਬੇੜੀ ਨੂੰ ਸਹੀ-ਸਲਾਮਤ ਪਾਰ ਨਹੀਂ ਲੰਘਾ ਸਕਦਾ । ਨਾਮ ਜਪਣ ਵਾਲੇ ਦੇ ਰਾਹ ਵਿਚ ਵਿਕਾਰਾਂ ਦਾ ਇਹ ਸਰੋਵਰ ਆਉਂਦਾ ਹੀ ਨਹੀਂ, ਇਸ ਵਾਸਤੇ ਉਹ ਸੌਖਾ ਲੰਘ ਜਾਂਦਾ ਹੈ ।

(੨) ਜੋ ਜੀਵ ਮਾਇਆ ਦੀ ਹਉਮੈ ਵਿਚ ਰਹੇ ਉਹਨਾਂ ਨੂੰ ਪ੍ਰਭੂ-ਦਰ ਤੋਂ 'ਰੇ ਰੇ' ਦੇ ਬੋਲ ਮਿਲੇ, ਉਹਨਾਂ ਦਾ ਇਥੇ ਪ੍ਰਭੂ ਨਾਲ ਮਿਲਾਪ ਨਾਹ ਹੋ ਸਕਿਆ, ਤੇ, ਇਹ ਵੇਲਾ ਖੁੰਝਿਆਂ ਵਾਂਜੇ ਹੀ ਰਹੇ । ਪਰ ਜਿਨ੍ਹਾਂ ਸਤਿਗੁਰੂ ਦੇ ਬਚਨਾਂ ਉੱਤੇ ਤੁਰ ਕੇ ਹਉਮੈ ਦੂਰ ਕੀਤੀ, ਉਹਨਾਂ ਨੂੰ ਪ੍ਰਭੂ ਦੇ ਦਰ ਤੋਂ "ਅੰਮ੍ਰਿਤ ਬੋਲ" ਮਿੱਠੇ ਬਚਨ ਮਿਲੇ ।

(੩) ਮਾਇਆ-ਵੇੜ੍ਹਿਆ ਜੀਵ ਇਥੋਂ ਤੁਰਨ ਲੱਗਾ ਜੱਕੋ-ਤੱਕੇ ਕਰਦਾ ਹੈ ਉਸ ਦਾ ਚੱਲਣ ਨੂੰ ਜੀ ਨਹੀਂ ਕਰਦਾ; ਪਰ ਜਿਨ੍ਹਾਂ ਨਾਮ ਸਿਮਰਿਆ, ਉਹਨਾਂ ਨੂੰ ਖਸਮ ਪਿਆਰਾ ਲੱਗਦਾ ਹੈ (ਇਸ ਵਾਸਤੇ ਇਥੋਂ ਤੁਰਨ ਵਿਚ ਉਹਨਾਂ ਨੂੰ ਕੋਈ ਘਬਰਾਹਟ ਨਹੀਂ ਹੁੰਦੀ) ।

ਜਿਉਂ ਜਿਉਂ ਇਹਨਾਂ ਦੋਹਾਂ ਸ਼ਬਦਾਂ ਨੂੰ ਰਲਾ ਕੇ ਪੜ੍ਹੀਏ, ਇਹਨਾਂ ਦੀ ਡੂੰਘੀ ਸਾਂਝ ਵਧੀਕ ਵਧੀਕ ਸੁਆਦਲੀ ਲੱਗਦੀ ਹੈ । ਫਿਰ ਵੇਖੋ, ਕਿਤਨੇ ਹੀ ਲਫ਼ਜ਼ ਸਾਂਝੇ ਵਰਤੇ ਹਨ :—

ਬੇੜਾ, ਸਰਵਰੁ, ਊਛਲੈ (ਦੁਹੇਲਾ, ਸੁਹੇਲਾ), (ਕਸੁੰਭਾ, ਮੰਜੀਠ) ਢੋਲਾ, ਸਹ ਕੇ ਬੋਲਾ (ਰੇ, ਅੰਮ੍ਰਿਤ), ਸਹੇਲੀਹੋ, ਸਹੁ ।

ਇਸ ਗੱਲ ਦੇ ਮੰਨਣ ਵਿਚ ਕੋਈ ਸ਼ੱਕ ਨਹੀਂ ਰਹਿ ਜਾਂਦਾ ਕਿ ਗੁਰੂ ਨਾਨਕ ਦੇਵ ਜੀ ਨੇ ਆਪਣਾ ਸ਼ਬਦ ਬਾਬਾ ਫ਼ਰੀਦ ਜੀ ਦਾ ਸ਼ਬਦ ਸਾਹਮਣੇ ਰੱਖ ਕੇ ਉਚਾਰਿਆ ਹੈ, ਤੇ, ਦੋਹਾਂ ਨੇ ਰਲ ਕੇ ਜ਼ਿੰਦਗੀ ਦੇ ਦੋਵੇਂ ਪੱਖ ਇਨਸਾਨ ਦੇ ਅੱਗੇ ਰੱਖ ਦਿੱਤੇ ਹਨ । ਉਹ ਸ਼ਬਦ ਗੁਰੂ ਨਾਨਕ ਦੇਵ ਜੀ ਨੂੰ ਇਤਨਾ ਪਿਆਰਾ ਲੱਗਾ ਜਾਪਦਾ ਹੈ ਕਿ ਇਸ ਵਿਚ ਆਇਆ ਲਫ਼ਜ਼ "ਦੁਧਾਥਣੀ" ਫਿਰ ਹੋਰ ਥਾਂ ਆਪਣੀ ਬਾਣੀ ਵਿਚ ਭੀ ਵਰਤਦੇ ਹਨ ।

ਜਿਵੇਂ ਇਹ ਖ਼ਿਆਲ ਹੁਣ ਤਕ ਬਣਾਇਆ ਗਿਆ ਹੈ ਕਿ ਭਗਤਾਂ ਦੇ ਸ਼ਬਦ ਗੁਰੂ ਅਰਜਨ ਸਾਹਿਬ ਨੇ ਪੰਜਾਬ ਦੇ ਲੋਕਾਂ ਪਾਸੋਂ ਸੁਣ ਸੁਣਾ ਕੇ ਇਕੱਠੇ ਕੀਤੇ ਸਨ, ਜੇ ਇਹੀ ਖ਼ਿਆਲ ਫ਼ਰੀਦ ਜੀ ਦੇ ਇਸ ਸ਼ਬਦ ਬਾਰੇ ਭੀ ਵਰਤਿਆ ਜਾਏ, ਤਾਂ ਗੁਰੂ ਨਾਨਕ ਸਾਹਿਬ ਦਾ ਸੂਹੀ ਰਾਗ ਦਾ ਸ਼ਬਦ ਫ਼ਰੀਦ ਜੀ ਦੇ ਸ਼ਬਦ ਨਾਲ ਹੂ-ਬ-ਹੂ ਮਿਲਾਵਾਂ ਹੋ ਨਹੀਂ ਸੀ ਸਕਦਾ । ਸੋ, ਫ਼ਰੀਦ ਜੀ ਦਾ ਇਹ ਸ਼ਬਦ ਗੁਰੂ ਨਾਨਕ ਸਾਹਿਬ ਨੇ ਆਪ ਪਾਕਪਟਨ ਤੋਂ ਲਿਆ, ਇਸ ਨੂੰ ਪਿਆਰ ਕੀਤਾ, ਤੇ, ਜ਼ਿੰਦਗੀ ਦਾ ਜਿਹੜਾ ਪੱਖ ਫ਼ਰੀਦ ਜੀ ਨੇ ਛੱਡ ਦਿੱਤਾ ਸੀ ਉਸ ਨੂੰ ਬਿਆਨ ਕਰ ਕੇ ਦੋਹਾਂ ਸ਼ਬਦਾਂ ਦੀ ਰਾਹੀਂ ਇਨਸਾਨੀ ਜ਼ਿੰਦਗੀ ਦੀ ਖ਼ੂਬਸੂਰਤ ਮੁਕੰਮਲ ਤਸਵੀਰ ਖਿੱਚ ਦਿੱਤੀ ।

ਇਸ ਗੱਲ ਦੇ ਮੰਨਣ ਵਿਚ ਕੋਈ ਸ਼ੱਕ ਨਹੀਂ ਰਹਿ ਜਾਂਦਾ ਕਿ ਫ਼ਰੀਦ ਜੀ ਦੀ ਬਾਣੀ ਗੁਰੂ ਨਾਨਕ ਸਾਹਿਬ ਨੇ ਆਪ ਸਾਂਭ ਕੇ ਲਿਆਂਦੀ ਸੀ । ਕਿਉਂ? ਆਪਣੀ ਬਾਣੀ ਦੇ ਨਾਲ ਜੋੜ ਕੇ ਰੱਖਣ ਲਈ । ਇਕ ਗੱਲ ਹੋਰ ਸਾਫ਼ ਹੋ ਗਈ ਕਿ ਗੁਰੂ ਨਾਨਕ ਦੇਵ ਜੀ ਦਾ ਹੀ ਆਪਣਾ ਸੰਕਲਪ ਸੀ, ਜੁ ਉਹਨਾਂ ਦੀ ਬਾਣੀ ਸਹੀ ਰੂਪ ਵਿਚ ਸਿੱਖ ਕੌਮ ਲਈ ਸਾਂਭ ਕੇ ਰੱਖੀ ਜਾਏ, ਤੇ, ਉਸ ਵਿਚ ਉਸ ਵਕਤ ਦੇ ਭਗਤਾਂ ਦੇ ਉਹ ਸ਼ਬਦ ਵੀ ਲਿਖੇ ਜਾਣ ਜੋ ਆਪ ਲਿਖ ਕੇ ਲਿਆਏ ਸਨ ।

??????????????????????????

ਮੈਕਾਲਿਫ਼ ਅਨੁਸਾਰ :—

ਬੰਬਈ ਪ੍ਰਾਂਤ ਦੇ ਜ਼ਿਲਾ ਸਤਾਰਾ ਵਿਚ ਇਕ ਪਿੰਡ ਨਰਸੀ ਨਾਮ ਦਾ ਹੈ । ਮੈਕਾਲਿਫ਼ ਅਨੁਸਾਰ ਨਾਮਦੇਵ ਜੀ ਦਾ ਜਨਮ ਇਸ ਪਿੰਡ ਵਿਚ ਹੋਇਆ ਸੀ ਕੱਤਕ ਸੁਦੀ ਏਕਾਦਸੀ ਸ਼ਾਕਾ ਸੰਮਤ ੧੧੯੨ (ਮੁਤਾਬਿਕ ਨਵੰਬਰ ਸੰਨ ੧੨੭੦) । ਜਾਤ ਦੇ ਛੀਂਬੇ ਸਨ ।

ਪਿੰਡ ਨਰਸੀ ਨਗਰ ਕਰਾਦ ਤੋਂ ਨੇੜੇ ਹੈ । ਕਰਾਦ ਰੇਲ ਦਾ ਸਟੇਸ਼ਨ ਹੈ, ਪੂਨੇ ਤੋਂ ਮਿਰਾਜ ਨੂੰ ਜਾਣ ਵਾਲੀ ਰੇਲਵੇ ਲਾਈਨ ਉੱਤੇ।

ਪਿੰਡ ਨਰਸੀ ਤੋਂ ਬਾਹਰ-ਵਾਰ ਕੇਸ਼ੀ ਰਾਜ (ਸ਼ਿਵ) ਦਾ ਮੰਦਰ ਸੀ । ਨਾਮਦੇਵ ਜੀ ਦੇ ਪਿਤਾ ਉਸ ਦੇ ਸਰਧਾਵਾਨ ਭਗਤ ਸਨ ।

ਨਾਮਦੇਵ ਜੀ ਨੇ ਆਪਣੀ ਉਮਰ ਦਾ ਬਹੁਤਾ ਹਿੱਸਾ ਪੰਡਰਪੁਰ ਗੁਜ਼ਾਰਿਆ । ਪੰਡਰਪੁਰ ਤੋਂ ਨੇੜੇ ਪਿੰਡ ਵਦਵਲ ਦੇ ਵਸਨੀਕ ਮਹਾਤਮਾ ਵਿਸ਼ੋਭਾ ਜੀ ਦੀ ਸੰਗਤਿ ਦਾ ਨਾਮਦੇਵ ਜੀ ਨੂੰ ਅਵਸਰ ਮਿਲਦਾ ਰਿਹਾ ।

ਨਾਮਦੇਵ ਜੀ ਦਾ ਦੇਹਾਂਤ ਅੱਸੀ ਸਾਲ ਦੀ ਉਮਰੇ (ਅੱਸੂ ਵਦੀ ੧੩) ਸੰਨ ੧੩੫੦ ਵਿਚ ਪਿੰਡ ਪੰਡਰਪੁਰ ਹੋਇਆ ਸੀ ।

ਪੂਰਨ ਦਾਸ ਦੀ ਜਨਮ-ਸਾਖੀ ਅਨੁਸਾਰ :—

ਪੂਰਨ ਦਾਸ ਦੀ ਲਿਖੀ 'ਜਨਮ ਸਾਖੀ' ਵਿਚ ਲਿਖਿਆ ਹੈ ਕਿ ਪੰਡਰ ਪੁਰ ਦੇ ਨੇੜੇ ਇਕ ਪਿੰਡ ਗੋਪਾਲਪੁਰ ਵਿਚ ਨਾਮਦੇਵ ਜੀ ਦਾ ਜਨਮ ਹੋਇਆ ਸੀ । ੫੫ ਸਾਲ ਦੀ ਉਮਰੇ ਨਾਮਦੇਵ ਪੰਜਾਬ ਦੇ ਜ਼ਿਲਾ ਗੁਰਦਾਸਪੁਰ ਦੇ ਇਕ ਪਿੰਡ ਭੱਟੇਵਾਲ ਆ ਟਿਕਿਆ । ਲੋਕਾਂ ਦੀ ਬਹੁਤੀ ਆਵਾ-ਜਾਈ ਹੋ ਜਾਣ ਦੇ ਕਾਰਨ ਨਾਮਦੇਵ ਨੇ ਇੱਥੋਂ ਵਿੱਥ ਤੇ ਇਕ ਜੰਗਲ ਜਿਹੇ ਵਿਚ ਜਾ ਕੇ ਡੇਰਾ ਕੀਤਾ । ਉੱਥੇ ਹੀ ਦੇਹਾਂਤ ਹੋਇਆ । ਹੁਣ ਉਸ ਪਿੰਡ ਦਾ ਨਾਮ ਘੁਮਾਣ ਹੈ । ਹਰ ਸਾਲ ਮਾਘ ਦੀ ਦੂਜੀ ਤਾਰੀਖ਼ ਨੂੰ ਉੱਥੇ ਮੇਲਾ ਲੱਗਦਾ ਹੈ । ਪੂਰਨਦਾਸ ਅਨੁਸਾਰ ਨਾਮਦੇਵ ਜੀ ਦਾ ਜਨਮ ਸੰਨ ੧੩੧੩ ਵਿਚ ਹੋਇਆ ਤੇ ਦੇਹਾਂਤ ੨੧ ਮਾਘ ਸੰਮਤ ੧੫੨੧ (ਸੰਨ ੧੪੬੪ ਈਸਵੀ) ।

'ਭਗਤ ਮਾਲ' ਅਨੁਸਾਰ :—

ਪੁਸਤਕ 'ਭਗਤ ਮਾਲ' ਵਿਚ ਭੀ ਨਾਮਦੇਵ ਜੀ ਬਾਰੇ ਕੁਝ ਇਉਂ ਹੀ ਲਿਖਿਆ ਹੋਇਆ ਹੈ, ਪਰ ਉਸ ਵਿਚ ਉਹਨਾਂ ਦੇ ਪੰਜਾਬ ਆਵਣ ਦਾ ਜ਼ਿਕਰ ਨਹੀਂ ਹੈ ।

ਮੋਈ ਗਾਂ ਵਾਲੀ ਘਟਨਾ :—

ਮੈਕਾਲਿਫ਼ ਲਿਖਦਾ ਹੈ ਕਿ ਨਾਮਦੇਵ ਜੀ ਆਪਣੇ ਇਕ ਮਿੱਤਰ ਗਿਆਨਦੇਵ ਨਾਲ ਹਿੰਦੂ-ਤੀਰਥਾਂ ਤੇ ਆਏ ਸਨ, ਦਿੱਲੀ ਭੀ ਆਏ । ਤਦੋਂ ਹਿੰਦ ਦਾ ਬਾਦਸ਼ਾਹ ਮੁਹੰਮਦ ਤੁਗ਼ਲਕ ਸੀ । ਇਸੇ ਬਾਦਸ਼ਾਹ ਨੇ ਮੋਈ ਗਾਂ ਜਿਵਾਲਣ ਲਈ ਨਾਮਦੇਵ ਨੂੰ ਵੰਗਾਰਿਆ ਸੀ । ਪਰ ਪੁਸਤਕ 'ਜਨਮ ਸਾਖੀ' ਵਿਚ ਇਹ ਘਟਨਾ ਸੰਨ ੧੩੯੦ ਦੀ ਦੱਸੀ ਗਈ ਹੈ । ਜਿਸ ਬਾਦਸ਼ਾਹ ਨੇ ਨਾਮਦੇਵ ਜੀ ਨੂੰ ਕੈਦ ਕੀਤਾ ਸੀ ਉਸ ਦਾ ਨਾਮ 'ਪੈਰੋ' ਦਿੱਤਾ ਗਿਆ ਹੈ । ਦਿੱਲੀ ਦੇ ਤਖ਼ਤ ਉੱਤੇ ਉਸ ਵੇਲੇ ਫ਼ੀਰੋਜ਼ਸ਼ਾਹ ਤੁਗ਼ਲਕ ਸੀ, ਸੰਨ ੧੩੫੧ ਤੋਂ ੧੩੮੮ ਤਕ । ਮੁਹੰਮਦ ਤੁਗ਼ਲਕ ਨੇ ਸੰਨ ੧੩੨੫ ਤੋਂ ੧੩੫੩ ਤਕ ਰਾਜ ਕੀਤਾ ਸੀ ।

ਧੁਰ ਦੱਖਣ ਵਲ ਭੀ :—

ਮੈਕਾਲਿਫ਼ ਅਨੁਸਾਰ ਨਾਮਦੇਵ ਜੀ ਗਿਆਨਦੇਵ ਨਾਲ ਧੁਰ ਦੱਖਣ ਵਿਚ ਭੀ ਗਏ । ਰਾਮੇਸ਼੍ਵਰ, ਕਲਪਧਾਰਾ ਤੋਂ ਹੋ ਕੇ ਧਾਰਾ ਪਹੁੰਚੇ । ਉੱਥੇ ਔਂਧੀਯ ਨਾਗ ਨਾਥ ਦੇ ਮੰਦਰ ਵਿਚੋਂ ਨਾਮਦੇਵ ਨੂੰ ਧੱਕੇ ਪਏ ਸਨ ।

?????????

ਗਜ ਮ੍ਰਿਗ ਮੀਨ ਪਤੰਗ ਅਲਿ, ਇਕਤੁ ਇਕਤੁ ਰੋਗਿ ਪਚੰਦੇ ।
ਮਾਣਸ ਦੇਹੀ ਪੰਜਿ ਰੋਗ, ਪੰਜੇ ਦੂਤ ਕੁਸੂਤੁ ਕਰੰਦੇ ।
ਆਸਾ ਮਨਸਾ ਡਾਇਣੀ, ਹਰਖੁ ਸੋਗੁ ਬਹੁ ਰੋਗ ਵਧੰਦੇ ।
ਮਨਮੁਖ ਦੂਜੈ ਭਾਇ ਲਗਿ, ਭੰਭਲਭੂਸੇ ਖਾਇ ਭਵੰਦੇ ।
ਸਤਿਗੁਰੁ ਸਚਾ ਪਾਤਿਸ਼ਾਹ, ਗੁਰਮੁਖ ਗਾਡੀ ਰਾਹੁ ਚਲੰਦੇ ।
ਸਾਧ ਸੰਗਤਿ ਮਿਲਿ ਚਲਣਾ, ਭਜਿ ਗਏ ਠਗ ਚੋਰ ਡਰੰਦੇ ।
ਲੈ ਲਾਹਾ ਨਿਜਿ ਘਰਿ ਨਿਬਹੰਦੇ ॥੨੦॥੫॥ {ਭਾਈ ਗੁਰਦਾਸ ਜੀ

ਪਦ ਅਰਥ :—ਗਜ—ਹਾਥੀ । ਮ੍ਰਿਗ—ਹਿਰਨ । ਮੀਨ—ਮੱਛੀ । ਅਲਿ—ਭੌਰਾ । ਇਕਤੁ—ਇੱਕ ਵਾਰ । ਇਕਤੁ ਇਕਤੁ ਰੋਗਿ—ਇਕ ਇਕ ਰੋਗ ਵਿਚ । ਪਚੰਦੇ—ਖ਼ੁਆਰ ਹੁੰਦੇ ਹਨ ।

ਦੇਹੀ—ਸਰੀਰ । ਪੰਜੇ ਦੂਤ—ਪੰਜੇ (ਕਾਮਾਦਿਕ) ਵੈਰੀ । ਕਸੂਰ—ਵਿਗਾੜ ।

ਹਰਖੁ—ਖ਼ੁਸ਼ੀ । ਸੋਗੁ—ਗ਼ਮ, ਚਿੰਤਾ ।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਦੂਜੈ ਭਾਇ—(ਪਰਮਾਤਮਾ ਨੂੰ ਛੱਡ ਕੇ) ਹੋਰ ਦੇ ਪਿਆਰ ਵਿਚ । ਲਗਿ—ਲੱਗ ਕੇ । ਭੰਭਲਭੂਸੇ—(ਜੀਵਨ-ਸਫ਼ਰ ਵਿਚ) ਠੇਡੇ । ਖਾਇ—ਖਾ ਕੇ । ਗਾਡੀ ਰਾਹਿ—ਗੱਡੇ ਦੀ ਲੀਹ ਤੇ ।

ਲਾਹਾ—ਲਾਭ । ਨਿਜਿ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ-ਚਰਨਾਂ ਵਿਚ ।

?????????????????????????

ਭੁਲੇਖਾ ਕਿ ਨਾਮਦੇਵ ਦੋ ਹੋਏ ਹਨ —

ਮੈਕਾਲਿਫ਼ ਨੇ ਭਗਤ ਜੀ ਦਾ ਜਨਮ ਸੰਨ ੧੨੭੦ ਤੇ ਦੇਹਾਂਤ ੧੩੫੦ ਵਿਚ ਦੱਸਿਆ ਹੈ । ਪੂਰਨਦਾਸ ਨੇ 'ਜਨਮਸਾਖੀ' ਵਿਚ ਜਨਮ ੧੩੬੩ ਅਤੇ ਦੇਹਾਂਤ ਸੰਨ ੧੪੬੪ ਵਿਚ ਲਿਖਿਆ ਹੈ । ਮੈਕਾਲਿਫ਼ ਲਿਖਦਾ ਹੈ ਕਿ ਉਹਨਾਂ ਦਾ ਦੇਹਾਂਤ ਪੰਡਰਪੁਰ ਵਿਚ ਹੋਇਆ । 'ਜਨਮਸਾਖੀ' ਵਾਲਾ ਆਖਦਾ ਹੈ ਕਿ ਨਾਮਦੇਵ ਜੀ ਦਾ ਦੇਹਾਂਤ ਪੰਜਾਬ ਦੇ ਜ਼ਿਲਾ ਗੁਰਦਾਸਪੁਰ ਦੇ ਪਿੰਡ ਘੁਮਾਨ ਵਿਚ ਹੋਇਆ । ਦੋਹੀਂ ਥਾਈਂ ਭਗਤ ਜੀ ਦੀ ਯਾਦ ਵਿਚ 'ਦੇਹੁਰੇ' ਬਣੇ ਹੋਏ ਹਨ । ਇਸ ਤੋਂ ਕਈ ਸੱਜਣ ਇਹ ਕਹਿਣ ਲੱਗ ਪਏ ਹਨ ਕਿ ਸ਼ਾਇਦ ਭਗਤ ਨਾਮਦੇਵ ਦੋ ਹੋਏ ਹੋਣ ਤੇ ਦੋਵੇਂ ਹੀ ਜਾਤ ਦੇ ਛੀਂਬੇ ਹੋਣ । ਇਹ ਸ਼ੱਕ ਉਠਾਣ ਵਾਲੇ ਸੱਜਣ ਜਨਮ ਦੋਹਾਂ ਦਾ ਹੀ ਬੰਬਈ ਪ੍ਰਾਂਤ ਵਿਚ ਮਿਥ ਰਹੇ ਹਨ ।

ਭੁਲੇਖਾ ਪਾਣ ਵਾਲੀ ਉਲਝਣ—

ਇਹਨਾਂ ਲੋਕਾਂ ਦੇ ਰਾਹ ਵਿਚ ਨਵੀਂ ਉਲਝਣ ਹੋਰ ਭੀ ਪੈ ਰਹੀ ਹੈ ਜੋ ਇਹਨਾਂ ਦੇ ਸ਼ੱਕ ਨੂੰ ਪੱਕਾ ਕਰੀ ਜਾ ਰਹੀ ਹੈ । ਭਗਤ ਜੀ ਦੇ ਸਾਰੇ ਸ਼ਬਦਾਂ (ਅਭੰਗਾਂ) ਦਾ ਸੰਗ੍ਰਹਿ ਜੋ ਮਹਾਰਾਸ਼ਟਰ ਵਿਚ ਮਿਲਦਾ ਹੈ, ਤੇ ਜਿਸ ਦਾ ਨਾਮ "ਗਾਥਾ" ਹੈ ਉਸ ਦੀ ਬੋਲੀ 'ਮਰਾਠੀ' ਹੈ, ਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਨਾਮਦੇਵ ਜੀ ਦੇ ਜੋ ਸ਼ਬਦ ਦਰਜ ਹਨ, ਉਹਨਾਂ ਵਿਚੋਂ ਥੋੜੇ ਹੀ ਹਨ ਜਿਨ੍ਹਾਂ ਵਿਚ ਮਰਾਠੀ ਦੇ ਆਮ ਲਫ਼ਜ਼ ਹਨ, ਬਾਕੀ ਦੇ ਸ਼ਬਦ ਭਾਰਤ ਦੀ ਸਾਂਝੀ ਬੋਲੀ ਦੇ ਹਨ । ਇਹਨਾਂ ਸੱਜਣਾਂ ਨੂੰ ਇਹ ਔਕੜ ਆਈ ਪਈ ਹੈ ਕਿ ਮਹਾਰਾਸ਼ਟਰ ਵਿਚ ਜੰਮੇ ਪਲੇ ਨਾਮਦੇਵ ਨੇ 'ਮਰਾਠੀ' ਤੋਂ ਇਲਾਵਾ ਇਹ ਦੂਜੀ ਬੋਲੀ ਕਿੱਥੋਂ ਸਿੱਖ ਲਈ ਸੀ ।

ਇਥੇ ਅਸਾਂ ਹੁਣ ਇਹ ਵਿਚਾਰ ਕਰਨੀ ਹੈ ਕਿ ਕੀ ਨਾਮਦੇਵ ਦੋ ਹੋਏ ਹਨ ।......ਇੱਕ ਉਹ ਜੋ ਮਹਾਰਾਸ਼ਟਰ ਵਿਚ ਹੀ ਰਿਹਾ ਤੇ ਦੂਜਾ ਨਾਮਦੇਵ ਪਹਿਲੇ ਭਗਤ ਨਾਮਦੇਵ ਜੀ ਦਾ ਹੀ ਸਿੱਖ, ਜੋ ਪੰਜਾਬ ਵਿਚ ਆ ਵੱਸਿਆ ।

ਰਮਤੇ ਸੰਤਾਂ ਸਾਧਾਂ ਨਾਲ ਮੇਲ-ਜੋਲ—

ਇਹ ਇਤਰਾਜ਼ ਕੋਈ ਖ਼ਾਸ ਵਜ਼ਨਦਾਰ ਨਹੀਂ ਕਿ ਚੂੰਕਿ ਮਹਾਰਾਸ਼ਟਰ ਵਿਚ 'ਮਰਾਠੀ' ਬੋਲੀ ਤੋਂ ਇਲਾਵਾ ਕਿਸੇ ਹੋਰ ਬੋਲੀ ਦੇ ਪੜ੍ਹਾਣ ਦਾ ਪਰਬੰਧ ਨਹੀਂ ਸੀ ਇਸ ਵਾਸਤੇ ਨਾਮਦੇਵ ਸਾਰੇ ਭਾਰਤ ਵਿਚ ਸਮਝੀ ਜਾ ਸਕਣ ਵਾਲੀ ਬੋਲੀ ਕਿਤੋਂ ਸਿੱਖ ਨਹੀਂ ਸੀ ਸਕਦਾ । ਸਤਿਗੁਰੂ ਨਾਨਕ ਦੇਵ ਜੀ ਆਪਣੇ ਪਿੰਡ ਦੇ ਪਾਂਧੇ ਪਾਸ ਬਹੁਤ ਥੋੜਾ ਚਿਰ ਪੜ੍ਹੇ ਸਨ ਤੇ ਮੌਲਵੀ ਪਾਸ ਭੀ ਬਹੁਤ ਘੱਟ । ਪਰ ਉਹਨਾਂ ਜਦੋਂ ਸੰਨ ੧੫੦੭ ਵਿਚ ਪਹਿਲੀ 'ਉਦਾਸੀ' ਸ਼ੁਰੂ ਕੀਤੀ ਤਾਂ ਪੂਰੇ ਅੱਠ ਸਾਲ ਵਿਚ ਸਾਰੇ ਹੀ ਭਾਰਤ ਦਾ ਚੱਕਰ ਲਾਇਆ; ਬੰਗਾਲ, ਆਸਾਮ ਤੇ ਮਦਰਾਸ ਵਿਚ ਭੀ ਗਏ, ਸੰਗਲਾਦੀਪ ਵਿਚ ਭੀ ਜਾ ਅੱਪੜੇ, ਵਾਪਸੀ ਤੇ ਬੰਬਈ ਸੂਬੇ ਵਿਚੋਂ ਦੀ ਲੰਘੇ । ਇਥੋਂ ਹੀ ਤਾਂ ਉਹਨਾਂ ਨੇ ਭਗਤ ਨਾਮਦੇਵ ਜੀ ਦੀ ਸਾਰੀ ਬਾਣੀ ਲਈ ਸੀ । ਜੇ ਇਹਨਾਂ ਸਾਰੇ ਪ੍ਰਾਂਤਾਂ ਵਿਚ ਦੇ ਵਸਨੀਕਾਂ ਨਾਲ ਸਤਿਗੁਰੂ ਜੀ ਨੇ ਗੱਲ-ਬਾਤ ਨਹੀਂ ਕਰਨੀ ਸੀ, ਉਹਨਾਂ ਨੂੰ ਆਪਣੇ ਖ਼ਿਆਲ ਨਹੀਂ ਦੱਸਣੇ ਸਨ, ਤਾਂ ਇਤਨੇ ਲੰਮੇ ਤੇ ਔਖੇ ਸਫ਼ਰ ਝਾਗਣੇ, ਇਤਨੀਆਂ ਤਕਲੀਫ਼ਾਂ ਸਹਾਰਨੀਆਂ—ਇਹ ਸਭ ਕੁਝ ਵਿਅਰਥ ਹੀ ਸੀ । ਅਸਲ ਗੱਲ ਇਹ ਹੈ ਕਿ ਤਲਵੰਡੀ ਦੇ ਨਾਲ ਦੇ ਜੰਗਲ ਵਿਚ ਭਾਰਤ ਦੇ ਦੂਰ ਦੂਰ ਦੇ ਇਲਾਕਿਆਂ ਵਿਚੋਂ ਜੋ ਸਾਧੂ ਆਏ ਰਹਿੰਦੇ ਸਨ, ਉਹਨਾਂ ਨਾਲ ਸਤਿਗੁਰੂ ਜੀ ਨੂੰ ਗੱਲ-ਬਾਤ ਵਿਚਾਰ ਕਰਨ ਦਾ ਮੌਕਾ ਸਦਾ ਮਿਲਦਾ ਰਹਿੰਦਾ ਸੀ । ਇਸ ਤਰ੍ਹਾਂ ਸਹਿਜ ਸੁਭਾਇ ਹੀ ਭਾਰਤ ਦੇ ਬਾਕੀ ਪ੍ਰਾਂਤਾਂ ਦੀਆਂ ਬੋਲੀਆਂ ਨਾਲ ਉਹਨਾਂ ਦੀ ਜਾਣ-ਪਛਾਣ ਹੁੰਦੀ ਗਈ । ਸਾਧੂ ਲੋਕ ਕਿਸੇ ਇੱਕ ਥਾਂ ਨਹੀਂ ਬੈਠੇ ਰਹਿੰਦੇ । ਉਹਨਾਂ ਦਾ ਧਾਰਮਿਕ ਨਿਸ਼ਚਾ ਹੀ ਇਹ ਹੈ ਕਿ ਜਿਥੋਂ ਤੱਕ ਹੋ ਸਕੇ ਧਰਤੀ ਦਾ ਰਟਨ ਕੀਤਾ ਜਾ ਸਕੇ । ਜਿਵੇਂ ਉਹ ਪੰਜਾਬ ਵਿਚ ਚੱਕਰ ਲਾਂਦੇ ਹਨ ਤਿਵੇਂ ਭਾਰਤ ਦੇ ਹੋਰ ਹੋਰ ਇਲਾਕਿਆਂ ਵਿਚ ਭੀ ਜਾਂਦੇ ਹਨ । ਇਹ ਕੁਦਰਤੀ ਗੱਲ ਹੈ ਕਿ ਬੰਦਗੀ ਵਾਲੇ ਬੰਦੇ ਇਹਨਾਂ ਸਾਧੂ ਲੋਕਾਂ ਨੂੰ ਭੀ ਮਿਲਦੇ ਰਹਿੰਦੇ ਹਨ । ਸੋ, ਇਸੇ ਤਰ੍ਹਾਂ ਮਹਾਰਾਸ਼ਟਰ ਵਿਚ ਰਹਿੰਦੇ ਹੋਏ ਨਾਮਦੇਵ ਜੀ ਦੀ ਭਾਰਤ ਦੀਆਂ ਹੋਰ ਬੋਲੀਆਂ ਨਾਲ ਜਾਣ-ਪਛਾਣ ਹੁੰਦੀ ਗਈ ਹੋਵੇਗੀ । ਇਹ ਗੱਲ ਦੇਸ ਦੇ ਉਸ ਵਕਤ ਦੇ ਹੋਰ ਭਗਤਾਂ ਉਤੇ ਭੀ ਘਟਦੀ ਹੈ ।

ਜੀਵਨ-ਆਦਰਸ਼ ਸਾਰੇ ਦੇਸ ਲਈ ਸਾਂਝਾ—

ਜਿਹੜਾ ਜੀਵਨ-ਆਦਰਸ਼ ਇਹ ਭਗਤ ਜਨ ਲੋਕਾਂ ਦੇ ਸਾਹਮਣੇ ਰੱਖਣਾ ਚਾਹੁੰਦੇ ਸਨ ਤੇ ਜਿਸ ਕੁ-ਮਾਰਗ ਦੇ ਵਿਰੁੱਧ ਅਵਾਜ਼ ਉਠਾ ਰਹੇ ਸਨ, ਉਸ ਦਾ ਸੰਬੰਧ ਸਾਰੇ ਹੀ ਭਾਰਤ ਨਾਲ ਪੈ ਰਿਹਾ ਸੀ । ਕੁਦਰਤੀ ਤੌਰ ਤੇ ਹਰੇਕ ਭਗਤ ਨੇ ਇਹੀ ਕੋਸ਼ਸ਼ ਕਰਨੀ ਸੀ ਕਿ ਜਿੱਥੋਂ ਤਕ ਹੋ ਸਕੇ 'ਬੋਲੀ' ਉਹੀ ਵਰਤੀ ਜਾਏ ਜੋ ਤਕਰੀਬਨ ਸਾਰੇ ਹੀ ਭਾਰਤ ਵਿਚ ਸਮਝੀ ਜਾ ਸਕੇ । ਸੋ ਜਿੱਥੋਂ ਤਕ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਭਗਤ ਨਾਮਦੇਵ ਜੀ ਦਾ ਸੰਬੰਧ ਹੈ, ਕੋਈ ਐਸਾ ਭਰਮ ਕਰਨ ਦੀ ਲੋੜ ਨਹੀਂ ਹੈ ਕਿ ਨਾਮਦੇਵ ਜੀ ਦੇ ਇਹ ਸ਼ਬਦ 'ਮਰਾਠੀ' ਤੋਂ ਇਲਾਵਾ ਕਿਸੇ ਹੋਰ ਬੋਲੀ ਵਿਚ ਕਿਵੇਂ ਹੋ ਗਏ । ਇਸ ਵਿਚ ਤਾਂ ਕੋਈ ਸ਼ੱਕ ਨਹੀਂ ਕਿ ਨਾਮਦੇਵ ਜੀ ਦੇ ਸ਼ਬਦਾਂ ਵਿਚ 'ਮਰਾਠੀ' ਦੇ ਲਫ਼ਜ਼ ਮੌਜੂਦ ਹਨ । ਫਿਰ ਇਹ ਭੀ ਦੱਸਿਆ ਜਾਂਦਾ ਹੈ ਕਿ ਭਗਤ ਜੀ ਦੀ 'ਗਾਥਾ' ਵਿਚ ਕਈ ਸ਼ਬਦ ਐਸੇ ਹਨ, ਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਏ ਸ਼ਬਦਾਂ ਨਾਲ ਉਹਨਾਂ ਦਾ ਟਾਕਰਾ ਕਰੀਏ ਤਾਂ ਇਉਂ ਜਾਪਦਾ ਹੈ ਕਿ ਇਹ ਮਹਾਰਾਸ਼ਟ੍ਰੀ ਜਾਂ ਮਰਾਠੀ ਬੋਲੀ ਵਿਚੋਂ ਤਰਜਮਾ ਕੀਤੇ ਹੋਏ ਹਨ । ਪਰ ਇਹ ਜ਼ਰੂਰੀ ਨਹੀਂ ਕਿ ਕੋਈ ਦੂਜਾ ਮਨੁੱਖ ਭਗਤ ਜੀ ਦੇ ਸ਼ਬਦਾਂ ਦਾ ਤਰਜਮਾ ਕਰਦਾ ।

ਉਸ ਸਮੇ ਦੇ ਹਾਲਾਤ ਅਨੁਸਾਰ—

ਉਸ ਸਮੇ ਦੇ ਹਾਲਾਤ ਅਨੁਸਾਰ ਜਿਨ੍ਹਾਂ ਗੱਲਾਂ ਦਾ ਸਭ ਭਗਤ ਪਰਚਾਰ ਕਰ ਰਹੇ ਸਨ, ਤੇ ਨਾਮਦੇਵ ਜੀ ਭੀ ਕਰਦੇ ਰਹੇ, ਉਹ ਤਿੰਨ ਚਾਰ ਹੀ ਸਨ—(੧) ਉੱਚੀ ਨੀਵੀਂ ਜਾਤ ਦੇ ਵਿਤਕਰੇ ਵਿਰੁੱਧ, (੨) ਕਰਮ ਕਾਂਡ ਦਾ ਪਾਜ ਖੋਲ੍ਹਣਾ, (੩) ਮੂਰਤੀ-ਪੂਜਾ ਵਲੋਂ ਹਟਾ ਕੇ ਲੋਕਾਂ ਨੂੰ ਇੱਕ ਪਰਮਾਤਮਾ ਦੀ ਭਗਤੀ ਵਲ

ਪ੍ਰੇਰਨਾ । ਨਾਮਦੇਵ ਜੀ ਮਹਾਰਾਸ਼ਟਰ ਵਿਚ ਇਹ ਪਰਚਾਰ ਕਰਦੇ ਰਹੇ । ਜਦੋਂ ਬਾਹਰ ਹੋਰ ਸੂਬਿਆਂ ਵਿਚ ਦੌਰਾ ਕੀਤਾ, ਤਾਂ ਭੀ ਇਹੀ ਗੱਲਾਂ ਤੇ ਇਹੀ ਪਰਚਾਰ ਸੀ । ਸੁਤੇ ਹੀ ਮਰਾਠੀ ਬੋਲੀ ਵਾਲੇ ਤੇ ਦੂਜੀ ਬੋਲੀ ਵਾਲੇ ਸ਼ਬਦਾਂ ਦਾ ਭਾਵ ਆਪੋ ਵਿਚ ਮਿਲਦਾ ਗਿਆ ।

ਗੁਰੂ ਗ੍ਰੰਥ ਸਾਹਿਬ ਵਿਚੋਂ ਗਵਾਹੀ—

ਜਦੋਂ ਅਸੀ ਭਗਤ ਨਾਮਦੇਵ ਜੀ ਬਾਰੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚੋਂ ਮਿਲ ਰਹੀ ਗਵਾਹੀ ਨੂੰ ਗਹੁ ਨਾਲ ਵਿਚਾਰਦੇ ਹਾਂ, ਤਾਂ ਇਥੋਂ ਦੋ ਨਾਮਦੇਵ ਸਾਬਤ ਨਹੀਂ ਹੋ ਸਕਦੇ । ਭਗਤ ਕਬੀਰ ਜੀ ਅਤੇ ਰਵਿਦਾਸ ਜੀ ਆਪਣੇ ਵਕਤ ਦੇ ਹੋਰ ਪਰਸਿੱਧ ਭਗਤਾਂ ਦਾ ਭੀ ਜ਼ਿਕਰ ਕਰਦੇ ਹਨ । ਮਲੂਮ ਹੁੰਦਾ ਹੈ ਕਿ ਚੌਧਵੀਂ ਤੇ ਪੰਦ੍ਰਵੀਂ ਸਦੀ ਵਿਚ ਸਾਰੇ ਭਾਰਤ ਦੇ ਅੰਦਰ ਨੀਵੀਂ ਜਾਤ ਦੇ ਬੰਦਿਆਂ ਉੱਤੇ ਸਦੀਆਂ ਤੋਂ ਬ੍ਰਾਹਮਣਾਂ ਵਲੋਂ ਹੋ ਰਹੀ ਅੱਤ ਦੀ ਵਧੀਕੀ ਦੇ ਵਿਰੁੱਧ ਇਕ ਬਗਾਵਤ ਜਿਹੀ ਹੋ ਗਈ ਸੀ । ਚਾਰ ਚੁਫੇਰਿਓਂ ਨਿਰਭੈ ਤੇ ਨਿਡਰ ਬੰਦੇ ਇਸ ਅੱਤਿਆਚਾਰ ਦੇ ਖਿਲਾਫ਼ ਬੋਲ ਉੱਠੇ ਤੇ ਲੱਗਦੇ ਹੱਥ ਉਹਨਾਂ ਇਸ ਸਾਰੇ ਹੀ ਧਰਮ-ਜਲ ਦਾ ਪਾਜ ਖੋਲ੍ਹਣਾ ਭੀ ਸ਼ੁਰੂ ਕਰ ਦਿੱਤਾ । ਇਹ ਕੁਦਰਤੀ ਗੱਲ ਸੀ ਕਿ ਇਹ ਹਮ-ਖ਼ਿਆਲ ਸ਼ੇਰ-ਮਰਦ ਆਪੋ ਵਿਚ ਇਕ ਦੂਜੇ ਦੀ ਹਾਮੀ ਭੀ ਭਰਦੇ । ਭਗਤ ਕਬੀਰ ਅਤੇ ਰਵਿਦਾਸ ਜੀ ਨਾਮਦੇਵ ਜੀ ਨਾਲੋਂ ਪਿਛਲੇਰੇ ਸਾਲਾਂ ਵਿਚ ਹੋਏ । ਸੋ ਉਹਨਾਂ ਬੇਣੀ ਤੇ ਤ੍ਰਿਲੋਚਨ ਆਦਿਕ ਭਗਤਾਂ ਦਾ ਜ਼ਿਕਰ ਕਰਦਿਆਂ ਨਾਮਦੇਵ ਜੀ ਦਾ ਹਵਾਲਾ ਦਿੱਤਾ ਹੈ । ਪਰ ਉਹਨਾਂ ਸਿਰਫ਼ ਇੱਕੋ ਹੀ ਨਾਮਦੇਵ ਦਾ ਜ਼ਿਕਰ ਕੀਤਾ ਹੈ, ਲਫ਼ਜ਼ 'ਨਾਮਾ' ਜਾਂ 'ਨਾਮਦੇਵ' 'ਇੱਕ-ਵਚਨ' ਵਿਚ ਹੀ ਵਰਤਿਆ ਹੈ ।

ਇੱਥੇ ਇਹ ਭੀ ਕਿਹਾ ਜਾ ਸਕਦਾ ਹੈ ਕਿ ਪੰਜਾਬ ਵਾਲੇ ਨਾਮਦੇਵ ਦਾ ਭਗਤ ਕਬੀਰ ਅਤੇ ਰਵਿਦਾਸ ਜੀ ਨੂੰ ਸ਼ਾਇਦ ਪਤਾ ਹੀ ਨਾਹ ਲੱਗ ਸਕਿਆ ਹੋਵੇ । ਮਹਾਰਾਸ਼ਟਰ ਵਾਲੇ ਭਗਤ ਨਾਮਦੇਵ ਬਾਰੇ ਇਕ ਗੱਲ ਤਾਂ ਪੱਕੀ ਹੈ ਕਿ ਉਸ ਦੇ ਸ਼ਬਦ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ, ਕਿਉਂਕਿ ਮਰਾਠੀ ਬੋਲੀ ਪ੍ਰਤੱਖ ਮਿਲਦੀ ਹੈ, ਖ਼ਾਸ ਤੌਰ ਤੇ ਧਨਾਸਰੀ ਰਾਗ ਦੇ ਸ਼ਬਦ "ਪਹਿਲ ਪੁਰੀਏ" ਵਿਚ । ਜੇ ਕੋਈ ਦੂਜਾ ਨਾਮਦੇਵ ਹੋਇਆ ਹੈ, ਤੇ ਉਸ ਦੇ ਸ਼ਬਦ ਭੀ ਸਤਿਗੁਰੂ ਜੀ ਨੇ ਦਰਜ ਕੀਤੇ ਹਨ, ਤਾਂ ਸਤਿਗੁਰੂ ਜੀ ਨੂੰ ਤਾਂ ਪੱਕੀ ਖ਼ਬਰ ਹੋਣੀ ਚਾਹੀਦੀ ਹੈ ਕਿ ਨਾਮਦੇਵ ਦੋ ਹਨ । ਪਰ ਉਹ ਭੀ ਜਿੱਥੇ ਜਿੱਥੇ ਜ਼ਿਕਰ ਕਰਦੇ ਹਨ, ਇੱਕੋ ਨਾਮਦੇਵ ਦਾ ਹੀ ਕਰਦੇ ਹਨ । ਲਫ਼ਜ਼ 'ਨਾਮਦੇਵ' ਇੱਕ-ਵਚਨ ਵਿਚ ਹੀ ਵਰਤਦੇ ਹਨ । ਗੁਰੂ ਅਮਰਦਾਸ, ਗੁਰੂ ਰਾਮਦਾਸ, ਗੁਰੂ ਅਰਜਨ ਸਾਹਿਬ ਅਤੇ ਭੱਟ ਕੱਲਸਹਾਰ—ਇਹਨਾਂ ਸਭਨਾਂ ਨੇ ਨਾਮਦੇਵ ਦਾ ਜ਼ਿਕਰ ਕੀਤਾ ਹੈ, ਪਰ ਇੱਕੋ ਨਾਮਦੇਵ ਦਾ । ਸੋ, ਗੁਰੂ ਗ੍ਰੰਥ ਸਾਹਿਬ ਵਿਚ ਇੱਕੋ ਨਾਮਦੇਵ ਦੀ ਬਾਣੀ ਦਰਜ ਹੈ । ਉਹ ਨਾਮਦੇਵ ਕਿਹੜਾ? ਜੋ ਜਾਤ ਦਾ ਛੀਂਬਾ ਸੀ, ਜਿਸ ਨੂੰ ਇਕ ਵਾਰੀ ਕਿਸੇ ਮੰਦਰ ਤੋਂ ਧੱਕੇ ਪਏ, ਜਿਸ ਨੂੰ ਕਿਸੇ ਸੁਲਤਾਨ ਨੇ ਮੋਈ ਗਾਂ ਜਿਵਾਉਣ ਲਈ ਵੰਗਾਰਿਆ ਸੀ, ਤੇ ਜਿਸ ਨੇ ਗੋਰੀ ਗਾਂ ਦਾ ਦੁੱਧ ਚੋ ਕੇ ਆਪਣੇ ਗੁਰੂ-ਗੋਬਿੰਦ ਨੂੰ ਪਿਲਾਇਆ ਸੀ ।

?????????

ਜੈਸੇ ਸੂਆ ਉਡਤ ਫਿਰਤ ਬਨ ਬਨ ਪ੍ਰਤਿ, ਜੈਸੇ ਹੀ ਬਿਰਖਿ ਬੈਠੇ, ਤੈਸੇ ਫਲੁ ਚਾਖਈ ॥ ਪਰ ਬਸਿ ਹੋਇ, ਜੈਸੀ ਜੈਸੀਐ ਸੰਗਤਿ ਮਿਲੈ, ਸੁਨਿ ਉਪਦੇਸੁ, ਤੈਸੀ ਭਾਖਾ ਲੈ ਸੁਭਾਖਈ ॥ ਤੈਸੇ ਚਿਤੁ ਚੰਚਲ ਚਪਲ, ਜਲ ਕੋ ਸੁਭਾਉ, ਜੈਸੇ ਰੰਗ ਸੰਗਿ ਮਿਲੈ, ਤੈਸੋ ਰੰਗੁ ਰਾਖਈ ॥ ਅਦਮ ਅਸਾਧ, ਜੈਸੇ ਬਾਰਨੀ ਬਿਨਾਸ ਕਾਲ, ਸਾਧ ਸੰਗਿ ਗੰਗ ਮਿਲੇ, ਸੁਜਨ ਭਿਲਾਖਈ ॥੧੫੫॥ {ਕਬਿੱਤ ਭਾਈ ਗੁਰਦਾਸ ਜੀ

ਪਦ ਅਰਥ :—ਸੂਆ—{_ਕ} ਤੋਤਾ । ਬਨ ਬਨ ਪ੍ਰਤਿ—ਹਰੇਕ ਜੰਗਲ ਵਿਚ । ਬਿਰਖਿ—ਰੁੱਖ ਉੱਤੇ । ਚਾਖਈ—ਚੱਖਦਾ ਹੈ ।

ਪਰ ਬਸਿ ਹੋਇ—ਪਰਾਏ ਵੱਸ ਹੋ ਕੇ । ਸੁਨਿ—ਸੁਣ ਕੇ । ਭਾਖਾ—ਬੋਲੀ । ਲੈ—ਸਿੱਖ ਕੇ ।

ਚਪਲ—ਚੰਚਲ । ਕੋ—ਦਾ । ਜਲ ਕੋ—ਪਾਣੀ ਦਾ, ਪਾਣੀ ਵਾਲਾ । ਸੰਗਿ—ਨਾਲ । ਰਾਖਈ—ਧਾਰਨ ਕਰ ਲੈਂਦਾ ਹੈ ।

ਅਧਮ—ਨੀਚ । ਅਸਾਧ—ਅ-ਸਾਧ, ਭੈੜਾ । ਬਾਰਨੀ—ਸ਼ਰਾਬ । ਬਿਨਾਸ—ਮੌਤ, ਆਤਮਕ ਮੌਤ, ਆਚਰਨ ਦੀ ਗਿਰਾਵਟ । ਕਾਲ—ਸਮਾ । ਮਿਲਿ—ਮਿਲ ਕੇ । ਸੁਜਨ—ਭਲਾ ਮਨੁੱਖ । ਭਿਲਾਖਈ—ਮੰਨਿਆ ਜਾਂਦਾ ਹੈ ।

????????????????????????????????

ਫਰੀਦ ਜੀ ਦੇ ਸ਼ਲੋਕ ਗੁਰੂ ਅਮਰਦਾਸ ਜੀ ਕੋਲ—

ਸਤਿਗੁਰੂ ਨਾਨਕ ਦੇਵ ਜੀ ਅਤੇ ਗੁਰੂ ਅਮਰਦਾਸ ਜੀ ਦੀ ਬਾਣੀ ਦਾ ਪਰਸਪਰ ਟਾਕਰਾ ਕਰ ਕੇ ਅਸੀ ਸਾਬਤ ਕਰ ਚੁਕੇ ਹਾਂ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੀ ਸਾਰੀ ਬਾਣੀ, ਜੋ ਉਹਨਾਂ ਆਪ ਹੀ ਇਕੱਠੀ ਕੀਤੀ ਸੀ, ਗੁਰੂ ਅੰਗਦ ਸਾਹਿਬ ਨੂੰ ਦਿੱਤੀ ਸੀ ਤੇ ਉਹਨਾਂ ਤੋਂ ਗੁਰੂ ਅਮਰਦਾਸ ਜੀ ਨੂੰ ਮਿਲੀ ਸੀ । ਇਸ ਦਾ ਭਾਵ ਇਹ ਭੀ ਹੈ ਕਿ ਸਤਿਗੁਰੂ ਜੀ ਦੀ ਆਪਣੀ ਬਾਣੀ ਦੇ ਨਾਲ ਭਗਤਾਂ ਦੀ ਭੀ ਸਾਰੀ ਬਾਣੀ ਸਿਲਸਲੇਵਾਰ ਹਰੇਕ ਗੁਰ-ਵਿਅਕਤੀ ਨੂੰ ਮਿਲਦੀ ਗਈ । ਇਹੀ ਕਾਰਨ ਹੈ ਕਿ ਅਸੀ ਫ਼ਰੀਦ ਜੀ ਦੇ ਸ਼ਲੋਕਾਂ ਵਿਚ ਗੁਰੂ ਅਮਰਦਾਸ ਜੀ ਦੇ ਭੀ ਐਸੇ ਸ਼ਲੋਕ ਵੇਖਦੇ ਹਾਂ ਜੋ ਤਦੋਂ ਹੀ ਉਚਾਰੇ ਜਾ ਸਕਦੇ ਸਨ ਜੇ ਉਹਨਾਂ ਪਾਸ ਫ਼ਰੀਦ ਜੀ ਦੇ ਸ਼ਲੋਕ ਮੌਜੂਦ ਸਨ ।

ਨਾਮਦੇਵ ਜੀ ਦੀ ਬਾਣੀ ਗੁਰੂ ਨਾਨਕ ਦੇਵ ਜੀ ਪਾਸ—

ਹੁਣ ਅਸੀ ਇਹ ਵੇਖਾਂਗੇ ਕਿ ਗੁਰੂ ਨਾਨਕ ਦੇਵ ਅਤੇ ਗੁਰੂ ਅਮਰਦਾਸ ਜੀ ਦੇ ਪਾਸ ਨਾਮਦੇਵ ਜੀ ਦੀ ਬਾਣੀ ਮੌਜੂਦ ਸੀ ।

ਸੋਰਠਿ ਰਾਗ ਵਿਚ ਨਾਮਦੇਵ ਜੀ—

ਜਬ ਦੇਖਾ ਤਬ ਗਾਵਾ ॥ ਤਉ ਜਨ ਧੀਰਜੁ ਪਾਵਾ ॥੧॥ ਨਾਦਿ ਸਮਾਇਲੋ ਰੇ, ਸਤਿਗੁਰੁ ਭੇਟਿਲੇ ਦੇਵਾ ॥੧॥ ਰਹਾਉ ॥ ਜਹ ਝਿਲਿਮਿਲਿਕਾਰੁ ਦਿਸੰਤਾ ॥ ਤਹ ਅਨਹਦ ਸਬਦ ਬਜੰਤਾ ॥ ਜੋਤੀ ਜੋਤਿ ਸਮਾਨੀ ॥ ਮੈ ਗੁਰ ਪਰਸਾਦੀ ਜਾਨੀ ॥੨॥ ਰਤਨ ਕਮਲ ਕੋਠਰੀ ॥ ਚਮਕਾਰ ਬੀਜੁਲ ਤਹੀ ॥ ਨੇਰੈ, ਨਾਹੀ ਦੂਰਿ ॥

ਨਿਜ ਆਤਮੈ ਰਹਿਆ ਭਰਪੂਰਿ ॥੩॥ ਜਹ ਅਨਹਤ ਸੂਰ ਉਜ੍ਯ਼ਾਰਾ ॥ ਤਹ ਦੀਪਕ ਜਲੈ ਛੰਛਾਰਾ ॥ ਗੁਰ ਪਰਸਾਦੀ ਜਾਨਿਆ ॥ ਜਨੁ ਨਾਮਾ ਸਹਜ ਸਮਾਨਿਆ ॥੪॥੧॥ {ਪੰਨਾ ੬੫੬}

ਭਗਤ ਨਾਮਦੇਵ ਜੀ ਦੇ ਇਸ ਸ਼ਬਦ ਦੇ ਨਾਲ ਸਤਿਗੁਰੂ ਨਾਨਕ ਦੇਵ ਜੀ ਦਾ ਹੇਠ-ਲਿਖਿਆ ਸ਼ਬਦ ਰਲਾ ਕੇ ਪੜ੍ਹੋ, ਇਹ ਭੀ ਸੋਰਠਿ ਰਾਗ ਵਿਚ ਹੀ ਹੈ ।

ਸੋਰਠਿ ਮਹਲਾ ੧ ॥

ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥੧॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥੧॥ ਰਹਾਉ ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧ੍ਯ਼ਾਰਾ ॥੨॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰਿ ਆਇਆ ॥੩॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥੪॥੧॥੧੨॥ {ਪੰਨਾ ੫੯੯}

ਦੋਹਾਂ ਸ਼ਬਦਾਂ ਦਾ ਪਰਸਪਰ ਟਾਕਰਾ—

ਦੋਹਾਂ ਸ਼ਬਦਾਂ ਨੂੰ ਰਲਾ ਗਹੁ ਨਾਲ ਪੜ੍ਹੋ । ਇਹਨਾਂ ਵਿਚ ਕਈ ਸੁਆਦਲੀਆਂ ਸਾਂਝੀਆਂ ਗੱਲਾਂ ਮਿਲਦੀਆਂ ਹਨ । ਦੋਹਾਂ ਸ਼ਬਦਾਂ ਦੀ ਚਾਲ ਇੱਕੋ ਜਿਹੀ ਹੈ, ਬਹੁਤ ਸਾਰੇ ਲਫ਼ਜ਼ ਸਾਂਝੇ ਹਨ, ਖ਼ਿਆਲ ਭੀ ਦੋਹਾਂ ਸ਼ਬਦਾਂ ਵਿਚ ਇੱਕੋ ਹੀ ਹੈ । ਹਾਂ, ਜਿਨ੍ਹਾਂ ਖ਼ਿਆਲਾਂ ਨੂੰ ਭਗਤ ਨਾਮਦੇਵ ਜੀ ਨੇ ਡੂੰਘੇ ਗੁਝ ਲਫ਼ਜ਼ਾਂ ਦੀ ਰਾਹੀਂ ਬਿਆਨ ਕੀਤਾ ਸੀ, ਉਹਨਾਂ ਨੂੰ ਸਤਿਗੁਰੂ ਨਾਨਕ ਦੇਵ ਜੀ ਨੇ ਸਾਦਾ ਤੇ ਸੁਖੱਲੇ ਲਫ਼ਜ਼ਾਂ ਵਿਚ ਪਰਗਟ ਕਰ ਦਿੱਤਾ ਹੈ; ਜਿਵੇਂ 'ਝਿਲਮਿਲਿਕਾਰੁ'—'ਚੰਚਲ ਮਤਿ' ।

'ਅਨਹਦ ਸਬਦ'—'ਗੁਰ ਸਾਖੀ ਕਾ ਉਜੀਆਰਾ' ਆਦਿਕ ।

ਇਕ ਫ਼ਰਕ ਭੀ—

ਇਹਨਾਂ ਸ਼ਬਦਾਂ ਵਿਚ ਇਕ ਫ਼ਰਕ ਭੀ ਦਿੱਸਦਾ ਹੈ । ਨਾਮਦੇਵ ਜੀ ਨੇ ਆਪਣੇ ਸ਼ਬਦ ਵਿਚ ਇਹ ਦੱਸਿਆ ਹੈ ਕਿ ਸਤਿਗੁਰੂ ਦੇ ਮਿਲਣ ਨਾਲ ਮੇਰੇ ਮਨ ਵਿਚ ਇਕ ਸੁੰਦਰ ਤਬਦੀਲੀ ਪੈਦਾ ਹੋ ਗਈ ਹੈ । ਜ਼ਿਆਦਾ ਜ਼ੋਰ ਗੁਰੂ ਦੀ ਮਿਹਰ ਉੱਤੇ ਹੈ ਤੇ ਫਿਰ ਮਨ ਦੀ ਨਵੀਂ ਤਬਦੀਲੀ ਉੱਤੇ । ਗੁਰੂ ਕਿਵੇਂ ਮਿਲਿਆ? ਇਹ ਗੱਲ ਉਹਨਾਂ ਇਸ਼ਾਰੇ-ਮਾਤਰ ਹੀ 'ਰਹਾਉ' ਦੀ ਤੁਕ ਵਿਚ ਦੱਸੀ ਹੈ "ਸਤਿਗੁਰੁ ਭੇਟਿਲੇ ਦੇਵਾ"—ਮੈਨੂੰ ਪ੍ਰਭੂ-ਦੇਵ ਨੇ ਸਤਿਗੁਰੂ ਮਿਲਾ ਦਿੱਤਾ ਹੈ । ਸਤਿਗੁਰੂ ਨਾਨਕ ਦੇਵ ਜੀ ਨੇ ਉਸ ਇਸ਼ਾਰੇ-ਮਾਤਰ-ਦੱਸੇ ਖ਼ਿਆਲ ਨੂੰ ਚੰਗੀ ਤਰ੍ਹਾਂ ਖੁਲ੍ਹੇ ਲਫ਼ਜ਼ਾਂ ਵਿਚ ਬਿਆਨ ਕਰ ਦਿੱਤਾ ਹੈ ਕਿ ਇਹ ਸਾਰੀ ਮਿਹਰ ਪਰਮਾਤਮਾ ਦੀ ਹੀ ਹੁੰਦੀ ਹੈ, ਤਾਂ ਹੀ ਗੁਰੂ ਮਿਲਦਾ ਹੈ ।

"ਜਾ ਤਿਸੁ ਭਾਵਾ" ।

"ਜਾ ਆਪੇ ਦੇਵੈ ਸੋਈ" ।

"ਜਾ ਆਪੇ ਮਿਲਿਆ ਸੋਈ" ।

ਇਥੋਂ ਯਕੀਨੀ ਨਤੀਜਾ—

ਦੋਹਾਂ ਸ਼ਬਦਾਂ ਨੂੰ ਰਲਾ ਕੇ ਪੜ੍ਹਿਆਂ ਇਹ ਗੱਲ ਯਕੀਨੀ ਹੋ ਜਾਂਦੀ ਹੈ ਕਿ ਸਤਿਗੁਰੂ ਨਾਨਕ ਦੇਵ ਜੀ ਨੇ ਇਹ ਸ਼ਬਦ ਭਗਤ ਜੀ ਦੇ ਸ਼ਬਦ ਨੂੰ ਚੰਗੀ ਤਰ੍ਹਾਂ ਸਪੱਸ਼ਟ ਕਰਨ ਲਈ ਲਿਖਿਆ ਹੈ । ਸਤਿਗੁਰੂ ਜੀ ਨੇ ਸਾਰੇ ਭਾਰਤ ਵਿਚ ਚੱਕਰ ਲਾਇਆ ਸੀ, ਜਿਸ ਨੂੰ ਅਸੀ ਉਹਨਾਂ ਦੀ ਪਹਿਲੀ 'ਉਦਾਸੀ' ਆਖਦੇ ਹਾਂ । ਦੱਖਣ ਵਿਚ ਭੀ ਗਏ । ਨਾਮਦੇਵ ਜੀ ਸੂਬਾ ਬੰਬਈ ਦੇ ਜ਼ਿਲਾ ਸਤਾਰਾ ਦੇ ਨਗਰ ਪੰਡਰਪੁਰ ਵਿਚ ਹੀ ਬਹੁਤ ਸਮਾਂ ਰਹੇ, ਉੱਥੇ ਹੀ ਉਹਨਾਂ ਦਾ ਦੇਹਾਂਤ ਹੋਇਆ । ਸਾਰਾ ਹਿੰਦੂ-ਭਾਰਤ ਮੂਰਤੀ-ਪੂਜਾ ਵਿਚ ਮਸਤ ਸੀ, ਕਿਤੇ ਟਾਵੇਂ ਹੀ ਰੱਬ ਦੇ ਪਿਆਰੇ ਸਨ ਜੋ ਇੱਕ ਅਕਾਲ ਦੀ ਬੰਦਗੀ ਦਾ ਮੱਧਮ ਜਿਹਾ ਦੀਵਾ ਜਗਾ ਰਹੇ ਸਨ । ਇਹ ਗੱਲ ਕੁਦਰਤੀ ਸੀ ਕਿ ਦੱਖਣ ਵਿਚ ਜਾ ਕੇ ਇਕ ਆਪਣੇ ਹੀ ਹਮ-ਖ਼ਿਆਲ ਰੱਬੀ ਆਸ਼ਿਕ ਦਾ ਵਤਨ ਵੇਖਣ ਦੀ ਤਾਂਘ ਗੁਰੂ ਨਾਨਕ ਸਾਹਿਬ ਦੇ ਮਨ ਵਿਚ ਪੈਦਾ ਹੋਵੇ । ਇਹ ਗੱਲ ਭੀ ਕੁਦਰਤੀ ਹੀ ਸੀ ਕਿ ਉਸ ਨਗਰ ਜਾ ਕੇ ਸਤਿਗੁਰੂ ਜੀ ਉੱਥੋਂ ਭਗਤ ਨਾਮਦੇਵ ਜੀ ਦੀ ਬਾਣੀ ਇਕੱਠੀ ਕਰਦੇ । ਇਸ ਗੱਲ ਦਾ ਪਰਤੱਖ ਸਬੂਤ ਇਹ ਦੋਵੇਂ ਸ਼ਬਦ ਹਨ ਜੋ ਉੱਪਰ ਲਿਖੇ ਗਏ ਹਨ । ਇਹ ਦੋਵੇਂ ਸਬੱਬ ਨਾਲ ਹੀ ਸੋਰਠਿ ਰਾਗ ਵਿਚ ਦਰਜ ਨਹੀਂ ਹੋ ਗਏ, ਸਬੱਬ ਨਾਲ ਹੀ ਦੋਹਾਂ ਦੇ ਲਫ਼ਜ਼ ਤੇ ਖ਼ਿਆਲ ਆਪੋ ਵਿਚ ਨਹੀਂ ਮਿਲ ਗਏ । ਇਹ ਸਭ ਕੁਝ ਸਤਿਗੁਰੂ ਨਾਨਕ ਦੇਵ ਜੀ ਨੇ ਆਪ ਹੀ ਕੀਤਾ । ਭਗਤ ਜੀ ਦੀ ਸਾਰੀ ਬਾਣੀ ਸਤਿਗੁਰੂ ਜੀ ਨੇ ਆਪ ਹੀ ਲਿਆਂਦੀ, ਤੇ ਆਪਣੀ ਬਾਣੀ ਨਾਲ ਸਾਂਭ ਕੇ ਰੱਖੀ । ਭਾਰਤ ਸਾਰਾ ਮੂਰਤੀ-ਪੂਜਕਾਂ ਨਾਲ ਭਰਿਆ ਪਿਆ ਸੀ । ਜੇ ਨਾਮਦੇਵ ਜੀ ਭੀ ਮੂਰਤੀ-ਪੂਜ ਹੁੰਦੇ ਤਾਂ ਇਹਨਾਂ ਵਾਸਤੇ ਸਤਿਗੁਰੂ ਜੀ ਨੂੰ ਕੋਈ ਖ਼ਾਸ ਉਚੇਚੀ ਖਿੱਚ ਨਹੀਂ ਹੋ ਸਕਦੀ ਸੀ ।

(੨) ਹੁਣ ਲਵੋ ਭੈਰਉ ਨਾਮਦੇਵ ਜੀ—

ਭੈਰਉ ਰਾਗ ਵਿਚ ਨਾਮਦੇਵ ਜੀ ਲਿਖਦੇ ਹਨ :—

ਮੈ ਬਉਰੀ ਮੇਰਾ ਰਾਮੁ ਭਤਾਰੁ ॥ ਰਚਿ ਰਚਿ ਤਾ ਕਉ ਕਰਉ ਸਿੰਗਾਰੁ ॥੧॥ ਭਲੇ ਨਿੰਦਉ ਭਲੇ ਨਿੰਦਉ ਭਲੇ ਨਿੰਦਉ ਲੋਗੁ ॥ ਤਨੁ ਮਨੁ ਰਾਮ ਪਿਆਰੇ ਜੋਗੁ ॥੧॥ਰਹਾਉ॥ ਬਾਦੁ ਬਿਬਾਦੁ ਕਾਹੂ ਸਿਉ ਨ ਕੀਜੈ ॥ ਰਸਨਾ ਰਾਮ ਰਸਾਇਨੁ ਪੀਜੈ ॥੨॥ ਅਬ ਜੀਅ ਜਾਨਿ ਐਸੀ ਬਨਿ ਆਈ ॥ ਮਿਲਉ ਗੁਪਾਲ ਨੀਸਾਨੁ ਬਜਾਈ ॥੩॥ ਉਸਤਤਿ ਨਿੰਦਾ ਕਰੈ ਨਰੁ ਕੋਈ ॥ ਨਾਮੇ ਸ੍ਰੀਰੰਗੁ ਭੇਟਲ ਸੋਈ ॥੪॥੪॥

ਨਾਮਦੇਵ ਜੀ ਦੇ ਇਸ ਸ਼ਬਦ ਨਾਲ ਇਸੇ ਹੀ ਰਾਗ ਵਿਚ ਅਮਰਦਾਸ ਜੀ ਦਾ ਹੇਠ ਲਿਖਿਆ ਸ਼ਬਦ ਰਲਾ ਕੇ ਪੜ੍ਹੋ । ਦੋਹਾਂ ਦਾ ਟਾਕਰਾ ਕਰਨ ਤੋਂ ਸਾਫ਼ ਦਿੱਸਦਾ

ਹੈ ਕਿ ਸਤਿਗੁਰੂ ਅਮਰਦਾਸ ਜੀ ਦੇ ਪਾਸ ਨਾਮਦੇਵ ਜੀ ਦਾ ਸ਼ਬਦ ਮੌਜੂਦ ਸੀ ।

ਭੈਰਉ ਮਹਲਾ ੩ ॥ ਮੈ ਕਾਮਣਿ ਮੇਰਾ ਕੰਤੁ ਕਰਤਾਰੁ ॥ ਜੇਹਾ ਕਰਾਏ ਤੇਰਾ ਕਰੀ ਸੀਗਾਰੁ ॥੧॥ ਜਾਂ ਤਿਸੁ ਭਾਵੈ ਤਾਂ ਕਰੇ ਭੋਗੁ ॥ ਤਨੁ ਮਨੁ ਸਾਚੇ ਸਾਹਿਬ ਜੋਗੁ ॥੧॥ਰਹਾਉ॥ ਉਸਤਤਿ ਨਿੰਦਾ ਕਰੇ ਕਿਆ ਕੋਈ ॥ ਜਾਂ ਆਪੇ ਵਰਤੈ ਏਕੋ ਸੋਈ ॥੨॥ ਗੁਰ ਪਰਸਾਦੀ ਪਿਰਮ ਕਸਾਈ ॥ ਮਿਲਉਗੀ ਦਇਆਲ ਪੰਚ ਸਬਦ ਵਜਾਈ ॥੩॥ ਭਨਤਿ ਨਾਨਕੁ ਕਰੇ ਕਿਆ ਕੋਈ ॥ ਜਿਸ ਨੋ ਆਪਿ ਮਿਲਾਵੈ ਸੋਈ ॥੪॥੪॥

ਪਰਤੱਖ ਸਾਂਝ—

ਇਹਨਾਂ ਦੋਹਾਂ ਸ਼ਬਦਾਂ ਵਿਚ ਤਾਂ ਇਤਨੀ ਪਰਤੱਖ ਸਾਂਝ ਹੈ ਕਿ ਲੱਭਣ ਵਾਸਤੇ ਕੋਈ ਉਚੇਚੀ ਮਿਹਨਤ ਕਰਨ ਦੀ ਲੋੜ ਹੀ ਨਹੀਂ । ਦੋਹਾਂ ਵਿਚ ਸਿਮਰਨ ਤੋਂ ਬਣੇ ਜੀਵਨ ਦੇ ਦੋ ਪਾਸੇ ਦਿੱਤੇ ਹੋਏ ਹਨ, ਤਸਵੀਰ ਦੇ ਦੋ ਪਾਸੇ ਵਿਖਾਏ ਗਏ ਹਨ । ਨਾਮਦੇਵ ਜੀ ਆਖਦੇ ਹਨ ਕਿ ਹੁਣ ਮੈਨੂੰ ਲੋਕਾਂ ਦੀ ਨਿੰਦਾ ਉਸਤਤਿ ਦੀ ਪਰਵਾਹ ਨਹੀਂ ਰਹੀ । ਸਤਿਗੁਰੂ ਅਮਰਦਾਸ ਜੀ ਫ਼ੁਰਮਾਂਦੇ ਹਨ ਕਿ ਲੋਕਾਂ ਦੀ ਨਿੰਦਾ ਉਸਤਤਿ ਦੀ ਇਸ ਵਾਸਤੇ ਪਰਵਾਹ ਨਹੀਂ ਕਿ ਨਿੰਦਾ ਉਸਤਤਿ ਕਰਨ ਵਾਲਿਆਂ ਵਿਚ ਭੀ ਪ੍ਰਭੂ ਆਪ ਹੀ ਦਿੱਸ ਪਿਆ ਹੈ, ਹੁਣ ਕਿਤੇ ਓਪਰਾ ਨਹੀਂ ਜਾਪਦਾ ।

ਇਹਨਾਂ ਸ਼ਬਦਾਂ ਵਿਚ ਲਫ਼ਜ਼ ਦੀ ਤੇ ਖ਼ਿਆਲ ਦੀ ਇਹ ਡੂੰਘੀ ਸਾਂਝ ਕੋਈ ਸਬੱਬ ਨਾਲ ਨਹੀਂ ਬਣ ਗਈ । ਗੁਰੂ ਅਮਰਦਾਸ ਜੀ ਪਾਸ ਨਾਮਦੇਵ ਜੀ ਦਾ ਇਹ ਸ਼ਬਦ ਮੌਜੂਦ ਸੀ ।

(੩) ਇਸੇ ਹੀ ਰਾਗ ਵਿਚੋਂ ਇੱਕ ਸ਼ਬਦ ਹੋਰ—

ਭੈਰਉ ਨਾਮਦੇਵ ॥ ਸੰਡਾ ਮਰਕਾ ਜਾਇ ਪੁਕਾਰੇ ॥ ਪੜੈ ਨਹੀ ਹਮ ਹੀ ਪਚਿ ਹਾਰੇ ॥ ਰਾਮ ਕਹੈ ਕਰ ਤਾਲ ਬਜਾਵੈ ਚਟੀਆ ਸਭੈ ਬਿਗਾਰੇ ॥੧॥ ਰਾਮ ਨਾਮਾ ਜਪਿਬੋ ਕਰੈ ॥ ਹਿਰਦੈ ਹਰਿ ਜੀ ਕੋ ਸਿਮਰਨੁ ਧਰੈ ॥੧॥ਰਹਾਉ॥ ਬਸੁਧਾ ਬਸਿ ਕੀਨੀ ਸਭ ਰਾਜੇ ਬਿਨਤਿ ਕਰੈ ਪਟਰਾਨੀ ॥ ਪੂਤੁ ਪ੍ਰਹਿਲਾਦੁ ਕਹਿਆ ਨਹੀ ਮਾਨੈ, ਤਿਨਿ ਤਉ ਅਉਰੈ ਠਾਨੀ ॥੨॥ ਦੁਸਟ ਸਭਾ ਮਿਲਿ ਮੰਤਰ ਉਪਾਇਆ, ਕਰਸਹ ਅਉਧ ਘਨੇਰੀ ॥ ਗਿਰਿ ਤਰ ਜਨ ਜੁਆਲਾ ਭੈ ਰਾਖਿਓ, ਰਾਜਾ ਰਾਮਿ ਮਾਇਆ ਫੇਰੀ ॥੩॥ ਕਾਢਿ ਖੜਗੁ ਕਾਲੁ ਭੈ ਕੋਪਿਓ, ਮੋਹਿ ਬਤਾਉ ਜੁ ਤੁਹਿ ਰਾਖੈ ॥ ਪੀਤ ਪੀਤਾਂਬਰ ਤ੍ਰਿਭਵਣ ਧਣੀ, ਥੰਭ ਮਾਹਿ ਹਰਿ ਭਾਖੈ ॥੪॥ ਹਰਨਾਖਸੁ ਜਿਨਿ ਨਖਹ ਬਿਦਾਰਿਓ, ਸੁਰ ਨਰ ਕੀਏ ਸਨਾਥਾ ॥ ਕਹਿ ਨਾਮਦੇਉ ਹਮ ਨਰਹਰਿ ਧਿਆਵਹਿ, ਰਾਮੁ ਅਭੈਪਦ ਦਾਤਾ ॥੫॥੩॥੯॥

ਜਿਸ ਮਨੁੱਖ ਨੇ ਭਗਤ ਪ੍ਰਹਿਲਾਦ ਦੀ ਸਾਖੀ ਕਦੇ ਸੁਣੀ ਨਾਹ ਹੋਏ, ਉਸ ਨੂੰ ਨਾਮਦੇਵ ਜੀ ਦਾ ਸ਼ਬਦ ਪੜ੍ਹ ਕੇ ਅਸਲ ਸਾਖੀ ਸਮਝਣ ਲਈ ਕਈ ਗੱਲਾਂ ਪੁੱਛਣ ਦੀ ਲੋੜ ਰਹਿ ਜਾਂਦੀ ਹੈ । ਉਹ ਸਾਰੀਆਂ ਪੁੱਛਾਂ ਗੁਰੂ ਅਮਰਦਾਸ ਜੀ ਨੇ ਆਪਣੇ ਇਕ ਸ਼ਬਦ ਵਿਚ ਹੱਲ ਕਰ ਦਿੱਤੀਆਂ ਹਨ । ਉਹ ਭੀ ਇਸੇ ਹੀ ਰਾਗ ਵਿਚ ਹੈ ।

ਭੈਰਉ ਮਹਲਾ ੩ ॥ ਮੇਰੀ ਪਟੀਆ ਲਿਖਹੁ ਹਰਿ ਗੋਵਿੰਦ ਗੋਪਾਲਾ ॥ ਦੂਜੈ ਭਾਇ ਫਾਥੇ ਜਮ ਜਾਲਾ ॥ ਸਤਿਗੁਰੁ ਕਰੇ ਮੇਰੀ ਪ੍ਰਤਿਪਾਲਾ ॥ ਹਰਿ ਸੁਖ ਦਾਤਾ ਮੇਰੈ ਨਾਲਾ ॥੧॥ ਗੁਰ ਉਪਦੇਸਿ ਪ੍ਰਹਿਲਾਦੁ ਹਰਿ ਉਚਰੈ ॥ ਸਾਸਨਾ ਤੇ ਬਾਲਕੁ ਗਮੁ ਨ ਕਰੈ ॥੧॥ਰਹਾਉ॥ ਮਾਤਾ ਉਪਦੇਸੈ ਪ੍ਰਹਿਲਾਦ ਪਿਆਰੇ ॥ ਪੁਤ੍ਰ ਰਾਮ ਨਾਮੁ ਛੋਡਹੁ ਜੀਉ ਲੇਹੁ ਉਬਾਰੇ ॥ ਪ੍ਰਹਿਲਾਦੁ ਕਹੈ ਸੁਨਹੁ ਮੇਰੀ ਮਾਇ ॥ ਰਾਮ ਨਾਮੁ ਨ ਛੋਡਾ ਗੁਰਿ ਦੀਆ ਬੁਝਾਇ ॥੨॥ ਸੰਡਾ ਮਰਕਾ ਸਭਿ ਜਾਇ ਪੁਕਾਰੇ ॥ ਪ੍ਰਹਿਲਾਦ ਆਪਿ ਵਿਗੜਿਆ ਸਭਿ ਚਾਟੜੇ ਵਿਗਾੜੇ ॥ ਦੁਸਟ ਸਭਾ ਮਹਿ ਮੰਤ੍ਰੁ ਪਕਾਇਆ ॥ ਪ੍ਰਹਲਾਦ ਕਾ ਰਾਖਾ ਹੋਇ ਰਘੁਰਾਇਆ ॥੩॥ ਹਥਿ ਖੜਗੁ ਕਰਿ ਧਾਇਆ ਅਤਿ ਅਹੰਕਾਰਿ ॥ ਹਰਿ ਤੇਰਾ ਕਹਾ ਤੁਝੁ ਲਏ ਉਬਾਰਿ ॥ ਖਿਨ ਮਹਿ ਭੈਆਨ ਰੂਪੁ ਨਿਕਸਿਆ ਥੰਮ੍ਹ ਉਪਾੜਿ ॥ ਹਰਨਾਖਸੁ ਨਖੀ ਬਿਦਾਰਿਆ ਪ੍ਰਹਿਲਾਦੁ ਲੀਆ ਉਬਾਰਿ ॥੫॥ ਸੰਤ ਜਨਾ ਕੈ ਹਰਿ ਜੀਉ ਕਾਰਜ ਸਵਾਰੇ ॥ ਪ੍ਰਹਲਾਦ ਜਨ ਕੇ ਇਕੀਹ ਕੁਲ ਉਧਾਰੇ ॥ ਗੁਰ ਕੈ ਸਬਦਿ ਹਉਮੈ ਬਿਖੁ ਮਾਰੇ ॥ ਨਾਨਕ ਰਾਮ ਨਾਮਿ ਸੰਤ ਨਿਸਤਾਰੇ ॥੫॥੧੦॥੨੦॥

ਦੋਹਾਂ ਸ਼ਬਦਾਂ ਵਿਚ ਸਾਂਝ—

ਇਹ ਤਾਂ ਪਰਤੱਖ ਹੀ ਹੈ ਕਿ ਇਹਨਾਂ ਦੋਹਾਂ ਸ਼ਬਦਾਂ ਵਿਚ ਕਈ ਤੁਕਾਂ ਤੇ ਕਈ ਲਫ਼ਜ਼ ਸਾਂਝੇ ਸਨ । ਹੁਣ ਦੋਹਾਂ ਦੀ 'ਰਹਾਉ' ਦੀ ਤੁਕ ਪੜ੍ਹ ਕੇ ਵੇਖੋ :—

"ਰਾਮ ਨਾਮਾ ਜਪਿਬੋ ਕਰੈ ॥ ਹਿਰਦੈ ਹਰਿ ਜੀ ਕੋ ਸਿਮਰਨੁ ਧਰੈ ॥" {ਨਾਮਦੇਵ
"ਗੁਰ ਉਪਦੇਸਿ ਪ੍ਰਹਿਲਾਦੁ ਹਰਿ ਉਚਰੈ ॥ ਸਾਸਨਾ ਤੇ ਬਾਲੁਕ ਗਮੁ ਨ ਕਰੈ ॥" {ਮਹਲਾ ੩

ਨਾਮਦੇਵ ਜੀ ਨੇ ਜਿਹੜੀ ਗੱਲ ਖੋਲ੍ਹ ਕੇ ਨਹੀਂ ਸੀ ਦੱਸੀ, ਗੁਰੂ ਅਮਰਦਾਸ ਜੀ ਨੇ ਕੈਸੇ ਸੋਹਣੇ ਲਫ਼ਜ਼ਾਂ ਵਿਚ ਬਿਆਨ ਕੀਤੀ ਹੈ ਕਿ ਗੁਰੂ ਦੇ ਉਪਦੇਸ਼ ਦੀ ਬਰਕਤ ਨਾਲ ਪ੍ਰਹਿਲਾਦ ਸਿਮਰਨ ਨਹੀਂ ਛੱਡਦਾ ਤੇ ਹਰਨਾਖਸ਼ ਦੇ ਡਰਾਵਿਆਂ ਤੋਂ ਡਰਦਾ ਨਹੀਂ ।

ਨਾਮਦੇਵ ਜੀ ਦੇ ਸ਼ਬਦ ਦਾ ਦੂਜਾ 'ਬੰਦ' ਪੜ੍ਹ ਕੇ ਗੁਰੂ ਅਮਰਦਾਸ ਜੀ ਦੇ ਸ਼ਬਦ ਦਾ ਭੀ ਦੂਜਾ 'ਬੰਦ' ਪੜ੍ਹੋ :—

"ਬਸੁਧਾ ਬਸਿ ਕੀਨੀ ਸਭ ਰਾਜੇ, ਬਿਨਤੀ ਕਰੈ ਪਟਰਾਨੀ ॥
ਪੂਤੁ ਪ੍ਰਹਿਲਾਦੁ ਕਹਿਆ ਨਹੀ ਮਾਨੈ, ਤਿਨਿ ਤਉ ਅਉਰੈ ਠਾਨੀ ॥੨॥ {ਨਾਮਦੇਵ

ਮਾਤਾ ਉਪਦੇਸੈ ਪ੍ਰਹਿਲਾਦ ਪਿਆਰੇ ॥ ਪੁਤ੍ਰ ਰਾਮ ਨਾਮੁ ਛੋਡਹੁ ਜੀਉ ਲੇਹੁ ਉਬਾਰੇ ॥
ਪ੍ਰਹਿਲਾਦੁ ਕਹੈ ਸੁਨਹੁ ਮੇਰੀ ਮਾਇ ॥ ਰਾਮ ਨਾਮੁ ਨ ਛੋਡਾ ਗੁਰਿ ਦੀਆ ਬੁਝਾਇ ॥੨॥ {ਮਹਲਾ ੩

ਵੇਖੋ, ਕਿਵੇਂ ਹੁਲਾਰਾ ਜਿਹਾ ਮਨ ਨੂੰ ਆ ਜਾਂਦਾ ਹੈ । ਨਾਮਦੇਵ ਜੀ ਦੇ ਵਰਤੇ ਲਫ਼ਜ਼ ਬਿਨਤੀ ਨੂੰ ਗੁਰੂ ਅਮਰਦਾਸ ਜੀ ਨੇ ਕਿਸ ਤਰ੍ਹਾਂ ਪਿਆਰ-ਭਰੇ ਲਫ਼ਜ਼ਾਂ

ਵਿਚ ਸਮਝਾਇਆ ਹੈ ।

ਯਕੀਨੀ ਗੱਲ—

ਇਕ ਗੱਲ ਬਿਲਕੁਲ ਪਰਤੱਖ ਹੈ ਕਿ ਨਾਮਦੇਵ ਜੀ ਦਾ ਇਹ ਸ਼ਬਦ ਗੁਰੂ ਅਮਰਦਾਸ ਜੀ ਦੇ ਸਾਹਮਣੇ ਮੌਜੂਦ ਹੈ । ਇਹ ਖ਼ਿਆਲ ਉੱਕਾ ਹੀ ਗ਼ਲਤ ਹੈ ਕਿ ਭਗਤਾਂ ਦੇ ਸ਼ਬਦ ਗੁਰੂ ਅਰਜਨ ਸਾਹਿਬ ਨੇ ਇਕੱਠੇ ਕੀਤੇ ਸਨ । ਸਤਿਗੁਰੂ ਨਾਨਕ ਦੇਵ ਜੀ ਨੇ ਸਾਰੇ ਭਾਰਤ ਵਿਚ ਚੱਕਰ ਲਾ ਕੇ ਭਗਤਾਂ ਦੀ ਬਾਣੀ ਇਕੱਠੀ ਕੀਤੀ ਸੀ, ਨਾਮਦੇਵ ਜੀ ਦੀ ਬਾਣੀ ਭੀ ਸਾਹਿਬ ਗੁਰੂ ਨਾਨਕ ਦੇਵ ਜੀ ਨੇ ਹੀ ਲਿਆਂਦੀ ਸੀ, ਤਾਂਹੀਏਂ ਗੁਰੂ ਅਮਰਦਾਸ ਜੀ ਨੂੰ ਇਹਨਾਂ ਉੱਪਰ-ਲਿਖੇ ਦੋ ਸ਼ਬਦਾਂ ਦੇ ਨਾਲ ਆਪਣੇ ਸ਼ਬਦ ਉਚਾਰਨ ਦਾ ਮੌਕਾ ਮਿਲਿਆ ।

ਨਾਮਦੇਵ ਜੀ ਦਾ ਰਾਜਾ ਰਾਮ—

ਨੋਟ :—ਜੋ ਸੱਜਣ ਇਹ ਖ਼ਿਆਲ ਬਣਾਈ ਬੈਠੇ ਹਨ ਕਿ ਨਾਮਦੇਵ ਜੀ ਕਿਸੇ ਸਮੇ ਕਿਸੇ ਅਵਤਾਰ ਦੇ ਪੁਜਾਰੀ ਸਨ, ਉਹ ਭਗਤ ਜੀ ਦੇ ਇਸ ਅਖ਼ੀਰਲੇ ਸ਼ਬਦ ਨੂੰ ਗਹੁ ਨਾਲ ਪੜ੍ਹਨ । ਭਗਤ ਪ੍ਰਹਿਲਾਦ ਦੀ ਸਾਖੀ ਹਿੰਦੂ-ਖ਼ਿਆਲ ਅਨੁਸਾਰ ਸਤਿਜੁਗ ਵਿਚ ਹੋਈ ਹੈ, ਪਰ ਨਾਮਦੇਵ ਜੀ ਲਿਖਦੇ ਹਨ "ਰਾਜਾ ਰਾਮਿ ਮਾਇਆ ਫੇਰੀ" । ਇੱਥੇ ਨਾਮਦੇਵ ਜੀ ਅਵਤਾਰ ਸ੍ਰੀ ਰਾਮ ਚੰਦਰ ਜੀ ਦਾ ਜ਼ਿਕਰ ਨਹੀਂ ਕਰਦੇ, ਕਿਉਂਕਿ ਉਹ ਤਾਂ ਤ੍ਰੇਤੇ ਜੁਗ ਵਿਚ ਪ੍ਰਹਿਲਾਦ ਭਗਤ ਤੋਂ ਦੂਰ ਪਿੱਛੋਂ ਹੋਏ ਸਨ । ਨਾਮਦੇਵ ਜੀ ਦਾ 'ਰਾਮ' ਉਹ ਹੈ ਜੋ ਹਰ ਸਮੇ ਤੇ ਹਰ ਥਾਂ ਮੌਜੂਦ ਹੈ ।

??????????????????????

ਲਫ਼ਜ਼ 'ਬੀਠੁਲ' ਤੋਂ ਭੁਲੇਖਾ—

ਭਗਤ ਨਾਮਦੇਵ ਜੀ ਦੇ ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਤਾਂ ਹੀ ਦਰਜ ਹੋ ਸਕਦੇ ਸਨ, ਜੇ ਇਹਨਾਂ ਦਾ ਆਸ਼ਾ ਸਤਿਗੁਰੂ ਜੀ ਦੇ ਆਸ਼ੇ ਨਾਲ ਪੂਰਨ ਤੌਰ ਤੇ ਮਿਲਦਾ ਸੀ । ਗੁਰ-ਆਸ਼ੇ ਨਾਲ ਮੇਲ ਨਾਹ ਖਾਣ ਵਾਲੀ ਬਾਣੀ ਗੁਰਮਤਿ ਦੇ ਦ੍ਰਿਸ਼ਟੀ-ਕੋਣ ਤੋਂ "ਕੱਚੀ ਬਾਣੀ" ਕਹੀ ਜਾਏਗੀ । 'ਕੱਚੀ ਬਾਣੀ' ਦਾ ਗੁਰੂ ਗ੍ਰੰਥ ਸਾਹਿਬ ਵਿਚ ਕਿਤੇ ਥਾਂ ਨਹੀਂ ਹੋ ਸਕਦਾ । ਨਹੀਂ ਤਾਂ ਸਮੁੱਚੇ ਤੌਰ ਤੇ ਇਸ ਲਈ 'ਗੁਰੂ'-ਪਦ ਵਰਤਿਆ ਨਹੀਂ ਜਾ ਸਕੇਗਾ, ਕਿਉਂਕਿ "ਗੁਰੂ" ਤਾਂ ਸਿਰਫ਼ ਉਹੀ ਹੈ ਜਿਸ ਵਿਚ ਉਕਾਈ ਦੀ ਕੋਈ ਗੱਲ ਨਹੀਂ, ਜੋ ਹਰ ਗੱਲੇ ਸੰਪੂਰਨ, ਸੋਹਣਾ ਤੇ ਅਭੁੱਲ ਹੈ । ਸੋ, ਭਗਤ ਨਾਮਦੇਵ ਦੀ ਕਿਸੇ ਕੱਚੀ ਅਵਸਥਾ ਦੀ ਕੋਈ ਕਵਿਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਨਹੀਂ ਮਿਲ ਸਕਦੀ ।

ਇਹ ਮੁਮਕਿਨ ਹੋ ਸਕਦਾ ਹੈ ਕਿ ਨਾਮਦੇਵ ਜੀ ਨੇ ਕਦੇ ਕਿਸੇ ਸਮੇ ਕਿਸੇ ਮੂਰਤੀ ਦੀ ਪੂਜਾ ਕੀਤੀ ਹੋਵੇ, ਜਿਸ ਦਾ ਨਾਮ ਭੀ ਭਾਵੇਂ 'ਬੀਠੁਲ' ਹੀ ਹੋਵੇ । ਪਰ ਅਸਾਡਾ ਸਿਦਕ ਸਿਰਫ਼ ਇਸ ਗੱਲ ਤੇ ਹੈ ਕਿ ਨਾਮਦੇਵ ਜੀ ਦੀ ਮੂਰਤੀ-ਪੂਜ ਅਵਸਥਾ ਦੀ ਕਿਸੇ ਕੱਚੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਥਾਂ ਨਹੀਂ ਮਿਲ ਸਕਦੀ ਸੀ, ਨਾਮਦੇਵ ਜੀ ਨੇ ਭਾਵੇਂ ਉਹ ਕਿਸੇ ਭੀ ਕਾਰਨ ਕਰਕੇ ਲਿਖੀ ਹੋਵੇ । ਅਸਾਡਾ ਦੂਜਾ ਵਿਸ਼ਵਾਸ ਇਹ ਹੈ ਕਿ ਨਾਮਦੇਵ ਨੂੰ ਕਿਸੇ ਮੂਰਤੀ-ਪੂਜਾ ਵਿਚੋਂ ਪਰਮਾਤਮਾ ਨਹੀਂ ਮਿਲਿਆ, ਕਿਸੇ ਠਾਕੁਰ ਨੂੰ ਦੁੱਧ ਪਿਲਾਇਆਂ ਪਰਮਾਤਮਾ ਦੇ ਦਰਸ਼ਨ ਨਹੀਂ ਹੋਏ । ਨਾਮਦੇਵ ਜੀ ਦੇ ਲਫ਼ਜ਼ 'ਬੀਠੁਲ' ਵਰਤਣ ਤੋਂ ਇਹ ਅੰਦਾਜ਼ਾ ਲਾਣਾ ਕਿ ਨਾਮਦੇਵ ਬੀਠੁਲ-ਮੂਰਤੀ ਦਾ ਪੁਜਾਰੀ ਸੀ, ਭਾਰੀ ਭੁੱਲ ਹੈ, ਕਿਉਂਕਿ ਇਹ ਲਫ਼ਜ਼ ਤਾਂ ਸਤਿਗੁਰੂ ਜੀ ਨੇ ਭੀ ਵਰਤਿਆ ਹੈ । ਕੀ ਇਸ ਤਰ੍ਹਾਂ ਸਤਿਗੁਰੂ ਜੀ ਭੀ ਕਿਸੇ ਸਮੇ ਬੀਠੁਲ-ਮੂਰਤੀ ਦੇ ਪੁਜਾਰੀ ਕਹੇ ਜਾਣਗੇ? ਵੇਖੋ—

ਨਾਮੁ ਨਰਹਰ ਨਿਧਾਨੁ ਜਾ ਕੈ, ਰਸ ਭੋਗ ਏਕ ਨਰਾਇਣਾ ॥
ਰਸ ਰੂਪ ਰੰਗ ਅਨੰਤ ਬੀਠਲ ਸਾਸਿ ਸਾਸਿ ਧਿਆਇਣਾ ॥੨॥੨॥ {ਰਾਮਕਲੀ ਮਹਲਾ ੫ ਛੰਤ

ਸਭ ਦਿਨ ਕੇ ਸਮਰਥ ਪੰਥ ਬਿਠੁਲੇ ਹਉ ਬਲਿ ਬਲਿ ਜਾਉ ॥
ਗਾਵਨ ਭਾਵਨ ਸੰਤਨ ਤੋਰੈ ਚਰਨ ਉਵਾ ਕੈ ਪਾਉ ॥੧॥ਰਹਾਉ॥੧॥੩੮॥੬॥੪੪॥ {ਦੇਵਗੰਧਾਰੀ ਮਹਲਾ ੫ ਘਰੁ ੭

ਭਇਓ ਕਿਰਪਾਲੁ ਸਰਬ ਕੋ ਠਾਕੁਰੁ, ਸਗਰੋ ਦੂਖੁ ਮਿਟਾਇਓ ॥
ਕਹੁ ਨਾਨਕ ਹਉਮੈ ਭੀਤਿ ਗੁਰਿ ਖੋਈ, ਤਉ ਦਇਆਰੁ ਬੀਠਲੋ ਪਾਇਓ ॥੪॥੧੧॥੬੧॥ {ਸੋਰਠਿ ਮਹਲਾ ੫

ਐਸੋ ਪਰਚਉ ਪਾਇਓ ॥
ਕਰੀ ਕ੍ਰਿਪਾ ਦਇਆਲ ਬੀਠੁਲੈ, ਸਤਿਗੁਰ ਮੁਝਹਿ ਬਤਾਇਓ ॥੧॥ਰਹਾਉ॥੧੨੩॥ {ਗਉੜੀ ਮਹਲਾ ੫

ਭਗਤਨ ਕੀ ਟਹਲ ਕਮਾਵਤ ਗਾਵਤ, ਦੁਖ ਕਾਟੇ ਤਾ ਕੇ ਜਨਮ ਮਰਨ ॥
ਜਾ ਕਉ ਭਇਓ ਕ੍ਰਿਪਾਲੁ ਬੀਠੁਲਾ, ਤਿਨਿ ਹਰਿ ਹਰਿ ਅਜਰ ਜਰਨ ॥੩॥੧੩॥ {ਸਾਰੰਗ ਮਹਲਾ ੫

ਜੀਵਤੁ ਰਾਮ ਕੇ ਗੁਣ ਗਾਇ ॥
ਕਰਹੁ ਕ੍ਰਿਪਾ ਗੋਪਾਲ ਬੀਠੁਲੇ, ਬਿਸਰਿ ਨ ਕਬ ਹੀ ਜਾਇ ॥੧॥ਰਹਾਉ॥੯੮॥ {ਸਾਰੰਗ ਮਹਲਾ ੫

ਬੀਠੁਲ ਦਾ ਸਰੂਪ—

ਅਸੀ ਲੋਕਾਂ ਦੀਆਂ ਕਹਾਣੀਆਂ ਸੁਣ ਸੁਣ ਕੇ ਨਾਮਦੇਵ ਜੀ ਨੂੰ ਬੀਠੁਲ-ਮੂਰਤੀ ਦਾ ਪੁਜਾਰੀ ਬਣਾਈ ਜਾ ਰਹੇ ਹਾਂ । ਪਹਿਲਾਂ ਇਹ ਤਾਂ ਵੇਖੀਏ ਕਿ ਜਿਸ 'ਬੀਠੁਲ' ਦਾ ਨਾਮਦੇਵ ਜੀ ਜ਼ਿਕਰ ਕਰਦੇ ਹਨ, ਉਸ ਦਾ ਸਰੂਪ ਉਹ ਕੀਹ ਦੱਸਦੇ ਹਨ ।

(੧) ਈਭੈ ਬੀਠਲੁ, ਉਭੈ ਬੀਠਲੁ, ਬੀਠਲ ਬਿਨੁ ਸੰਸਾਰੁ ਨਹੀ ॥
. . ਥਾਨ ਥਨੰਤਰਿ ਨਾਮਾ ਪ੍ਰਣਵੈ, ਪੂਰਿ ਰਹਿਉ ਤੂੰ ਸਰਬ ਮਹੀ ॥੪॥੨॥ {ਆਸਾ

(੨) ਕਉਣੁ ਕਹੈ ਕਿਣਿ ਬੂਝੀਐ ਰਮਈਆ ਆਕੁਲੁ ਰੀ ਬਾਈ ॥੧॥ਰਹਾਉ॥
. . ਜਿਉ ਆਕਾਸੈ ਘੜੂਅਲੋ ਮ੍ਰਿਗ ਤ੍ਰਿਸਨਾ ਭਰਿਆ ॥ ਨਾਮੇ ਚੇ ਸੁਆਮੀ ਬੀਠਲੋ, ਜਿਨਿ ਤੀਨੈ ਜਰਿਆ ॥੩॥੨॥ {ਗੂਜਰੀ

(੩) ਤੇਰਾ ਨਾਮੁ ਰੂੜੋ, ਰੂਪੁ ਰੂੜੋ, ਅਤਿ ਰੰਗ ਰੂੜੋ, ਮੇਰੋ ਰਾਮਈਆ ॥੧॥ਰਹਾਉ॥ {ਪੰਨਾ ੬੯੩}
ਸਾਧਿਕ ਸਿਧ ਸਗਲ ਮੁਨਿ ਚਾਹਹਿ, ਬਿਰਲੇ ਕਾਹੂ ਡੀਠੁਲਾ ॥
ਸਗਲ ਭਵਣ ਤੇਰੋ ਨਾਮੁ ਬਾਲਹਾ, ਤਿਉ ਨਾਮੇ ਮਨਿ ਬੀਠੁਲਾ ॥੫॥੩॥ {ਧਨਾਸਰੀ

ਨੋਟ—ਇਥੇ 'ਬੀਠੁਲ' ਤੋਂ ਕ੍ਰਿਸ਼ਨ-ਮੂਰਤੀ ਦਾ ਭਾਵ ਨਹੀਂ, ਕਿਉਂਕਿ 'ਰਹਾਉ' ਦੀ ਤੁਕ ਵਿਚ ਉਸ ਨੂੰ 'ਰਾਮਈਆ' ਆਖ ਕੇ ਸੰਬੋਧਨ ਕਰਦੇ ਹਨ । ਜਿਸ ਨੂੰ 'ਰਾਮਈਆ' ਆਖਦੇ ਹਨ, ਉਸ ਨੂੰ ਅਖ਼ੀਰਲੇ 'ਬੰਦ' ਵਿਚ 'ਬੀਠੁਲਾ' ਆਖਿਆ ਗਿਆ ਹੈ । ਨਾਮਦੇਵ ਜੀ ਦਾ 'ਰਾਮਈਆ' ਤੇ 'ਬੀਠੁਲ' ਇੱਕੋ ਹੀ ਹੈ । ਜੇ ਇਹ ਕ੍ਰਿਸ਼ਨ-ਉਪਾਸ਼ਕ ਹੁੰਦੇ ਤਾਂ ਉਸ ਨੂੰ 'ਰਾਮਈਆ' ਨਾਹ ਆਖਦੇ ।

(੪) ਮੋ ਕਉ ਤਾਰਿ ਲੇ ਰਾਮਾ ਤਾਰਿ ਲੇ ॥
ਮੈ ਅਜਾਨੁ ਜਨੁ ਤਰਿਬੇ ਨ ਜਾਨਉ, ਬਾਪ ਬੀਠੁਲਾ ਬਾਹ ਦੇ ॥੧॥ਰਹਾਉ॥੩॥ {ਗੋਂਡ, ਪੰਨਾ ੬੯੩

ਨੋਟ—ਨਾਮਦੇਵ ਦਾ 'ਬੀਠਲ' ਸਰਬ ਵਿਆਪੀ 'ਰਾਮ' ਹੈ, ਜੋ ਧ੍ਰੂ ਤੇ ਨਾਰਦ ਆਦਿਕ ਭਗਤਾਂ ਨੂੰ ਉੱਚੀ ਪਦਵੀ ਦੇਣ ਵਾਲਾ ਹੈ ।

{ਵੇਖੋ ਗੋਂਡ ਰਾਗ ਵਿਚ ਸਾਰਾ ਸ਼ਬਦ

(੫) ਆਜੁ ਨਾਮੇ ਬੀਠਲੁ ਦੇਖਿਆ ਮੂਰਖ ਕੋ ਸਮਝਾਊ ਰੇ ॥ਰਹਾਉ॥
. . ਨਾਮੇ ਸੋਈ ਸੇਵਿਆ ਜਹ ਦੇਹੁਰਾ ਨ ਮਸੀਤਿ ॥੪॥੩॥੭॥ {ਬਿਲਾਵਲੁ ਗੋਂਡ, ਪੰਨਾ ੮੭੪}

ਨੋਟ :—ਨਾਮਦੇਵ ਦਾ 'ਬੀਠੁਲ' ਨਾ ਕਿਸੇ ਖ਼ਾਸ ਮੰਦਰ ਵਿਚ ਹੈ ਨਾ ਮਸਜਿਦ ਵਿਚ ।

(੬) ਲੋਭ ਲਹਰਿ ਅਤਿ ਨੀਝਰ ਬਾਜੈ ॥ ਕਾਇਆ ਡੂਬੈ ਕੇਸਵਾ ॥੧॥ ਸੰਸਾਰੁ ਸਮੁੰਦੇ ਤਾਰਿ ਗੋੁਬਿੰਦੇ ॥ ਤਾਰਿ ਲੈ ਬਾਪ ਬੀਠੁਲਾ ॥੧॥ਰਹਾਉ॥ ਅਨਿਲ ਬੇੜਾ ਹਉ ਖੇਵਿ ਨ ਸਾਕਉ ॥ ਤੇਰਾ ਪਾਰੁ ਨ ਪਾਇਆ ਬੀਠੁਲਾ ॥੨॥ ਹੋਹੁ ਦਇਆਲੁ ਸਤਿਗੁਰੁ ਮੇਲਿ ਤੂ, ਮੋ ਕਉ ਪਾਰਿ ਉਤਾਰੇ ਕੇਸਵਾ ॥੩॥ ਨਾਮਾ ਕਹੈ ਹਉ ਤਰਿ ਭੀ ਨ ਜਾਨਉ ॥ ਮੋ ਕਉ ਬਾਹ ਦੇਹਿ ਬਾਹ ਦੇਹਿ ਬੀਠੁਲਾ ॥੪॥੧॥੨॥ {ਬਸੰਤ, ਪੰਨਾ ੧੧੯੫

ਨੋਟ—ਨਾਮਦੇਵ ਦਾ 'ਕੇਸਵ', ਗੋਬਿੰਦ ਅਤੇ ਬੀਠੁਲ ਇਕੋ ਹੀ ਹੈ, ਜਿਸ ਅਗੇ ਅਰਦਾਸ ਕਰਦਾ ਹੈ ਕਿ ਦੈਨੂੰ ਗੁਰੂ ਮਿਲਾ ।

(੭) ਮੋ ਕਉ ਤੂੰ ਨ ਬਿਸਾਰਿ ਤੂ ਨ ਬਿਸਾਰਿ ॥ ਤੂ ਨ ਬਿਸਾਰੇ ਰਾਮਈਆ ॥੧॥ਰਹਾਉ॥
. . ਸੂਦੁ ਸੂਦੁ ਕਰਿ ਮਾਰਿ ਉਠਾਇਓ ਕਹਾ ਕਰਉ ਬਾਪ ਬੀਠੁਲਾ ॥੧॥ {ਮਲਾਰ

ਨੋਟ :—ਜੇ ਨਾਮਦੇਵ ਜੀ ਕਿਸੇ ਬੀਠੁਲ-ਮੂਰਤੀ ਦੇ ਪੁਜਾਰੀ ਹੁੰਦੇ, ਤਾਂ ਉਹ ਪੂਜਾ ਆਖ਼ਰ ਤਾਂ ਬੀਠੁਲ ਦੇ ਮੰਦਰ ਵਿਚ ਜਾ ਕੇ ਹੀ ਹੋ ਸਕਦੀ ਸੀ ਤੇ ਬੀਠੁਲ ਦੇ ਮੰਦਰ ਵਿਚ ਰੋਜ਼ ਜਾਣ ਵਾਲੇ ਨਾਮਦੇਵ ਨੂੰ ਇਹ ਪਾਂਡੇ ਧੱਕੇ ਕਿਉਂ ਮਾਰਦੇ? ਇਸ ਮੰਦਰ ਵਿਚੋਂ ਧੱਕੇ ਖਾ ਕੇ ਨਾਮਦੇਵ ਬੀਠੁਲ ਅੱਗੇ ਪੁਕਾਰ ਕਰ ਰਿਹਾ ਹੈ, ਇਹ ਮੰਦਰ 'ਬੀਠੁਲ' ਦਾ ਹੀ ਹੋਵੇਗਾ । ਪਰ ਭਗਤ ਨਾਮਦੇਵ ਆਪਣੇ ਉਸ ਬੀਠੁਲ ਅੱਗੇ ਪੁਕਾਰ ਕਰਦਾ ਹੈ ਜਿਸ ਨੂੰ ਉਹ 'ਰਾਮਈਆ' ਭੀ ਆਖਦਾ ਹੈ । 'ਬੀਠੁਲ' ਮੂਰਤੀ ਕ੍ਰਿਸ਼ਨ ਜੀ ਦੀ ਹੈ । ਕਿਸੇ ਇੱਕ ਅਵਤਾਰ ਦੀ ਮੂਰਤੀ ਦਾ ਪੁਜਾਰੀ ਆਪਣੇ ਇਸ਼ਟ ਨੂੰ ਦੂਜੇ ਅਵਤਾਰ ਦੇ ਨਾਮ ਨਾਲ ਯਾਦ ਨਹੀਂ ਕਰ ਸਕਦਾ । ਇੱਥੋਂ ਧੱਕੇ ਪੈਣ ਤੋਂ ਇਹ ਗੱਲ ਭੀ ਸਾਫ਼ ਜ਼ਾਹਰ ਹੈ ਕਿ ਇਸ ਤੋਂ ਪਹਿਲਾਂ ਨਾਮਦੇਵ ਕਦੇ ਕਿਸੇ ਮੰਦਰ ਵਿਚ ਨਹੀਂ ਸੀ ਗਿਆ, ਨਾ ਹੀ ਕਿਸੇ ਮੰਦਰ ਵਿਚ ਧਰੀ ਕਿਸੇ ਬੀਠੁਲ-ਮੂਰਤੀ ਦਾ ਉਹ ਪੁਜਾਰੀ ਸੀ ।

(੮) ਐਸੋ ਰਾਮ ਰਾਇ ਅੰਤਰਜਾਮੀ ॥ ਜੈਸੇ ਦਰਪਨ ਮਾਹਿ ਬਦਨ ਪਰਵਾਨੀ ॥੧॥ਰਹਾਉ॥ ਬਸੈ ਘਟਾ ਘਟ ਲੀਪ ਨ ਛੀਪੈ ॥ ਬੰਧਨ ਮੁਕਤਾ ਜਾਤੁ ਨ ਦੀਸੈ ॥੧॥ ਪਾਨੀ ਮਾਹਿ ਦੇਖੁ ਮੁਖੁ ਜੈਸਾ ॥ ਨਾਮੇ ਕੋ ਸੁਆਮੀ ਬੀਠਲੁ ਐਸਾ ॥੨॥੧॥ {ਕਾਨੜਾ, ਪੰਨਾ ੧੩੧੮

ਨੋਟ :—ਨਾਮਦੇਵ ਜੀ ਦਾ 'ਬੀਠੁਲ' ਹਰੇਕ ਜੀਵ ਦੇ ਅੰਦਰ ਵੱਸਦਾ ਹੋਇਆ ਭੀ ਮਾਇਆ ਦੇ ਬੰਧਨਾਂ ਵਿਚ ਕਦੇ ਨਹੀਂ ਫਸਿਆ ।

ਦੱਖਣ ਵਿਚ ਲੋਕ ਕਿਸੇ ਮੰਦਰ ਵਿਚ ਟਿਕਾਏ 'ਬੀਠੁਲ' ਨੂੰ ਪੂਜਦੇ ਹੋਣਗੇ, ਜਿਸ ਨੂੰ ਉਹ ਇੱਟ ਤੇ ਬੈਠਾ ਵਿਸ਼ਨੂੰ ਜਾਂ ਕ੍ਰਿਸ਼ਨ ਸਮਝਦੇ ਹਨ । ਪਰ ਹਰੇਕ ਕਵੀ ਨੂੰ ਅਧਿਕਾਰ ਹੈ ਕਿ ਕਿਸੇ ਪੁਰਾਣੇ ਲਫ਼ਜ਼ ਨੂੰ ਨਵੇਂ ਅਰਥ ਵਿਚ ਭੀ ਵਰਤ ਲਏ, ਜਿਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਲਫ਼ਜ਼ 'ਭਗੌਤੀ' ਨੂੰ ਅਕਾਲਪੁਰਖ ਦੇ ਅਰਥ ਵਿਚ ਵਰਤਿਆ ਹੈ । ਨਾਮਦੇਵ ਜੀ ਇਸ ਸ਼ਬਦ ਵਿਚ ਲਫ਼ਜ਼ 'ਬੀਠੁਲ' ਦਾ ਅਰਥ "ਇੱਟ ਤੇ ਬੈਠਾ ਕ੍ਰਿਸ਼ਨ" ਨਹੀਂ ਕਰਦੇ, ਉਹਨਾਂ ਦਾ ਭਾਵ ਹੈ "ਉਹ ਪ੍ਰਭੂ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ" । ਲਫ਼ਜ਼ 'ਰਾਮ' ਤੇ 'ਬੀਠੁਲ' ਨੂੰ ਇੱਕੋ ਹੀ ਭਾਵ ਵਿਚ ਵਰਤ ਰਹੇ ਹਨ । {ਵਿ਼ਠਲ, ਵਿ਼ਥਲ । ਵਿ—ਪਰੇ, ਮਾਇਆ ਦੇ ਪ੍ਰਭਾਵ ਤੋਂ ਪਰੇ । ਸਥਲ—ਟਿਕਿਆ ਹੋਇਆ} ।

(੯) ਜਿਉ ਪ੍ਰਗਾਸਿਆ ਮਾਟੀ ਕੁੰਭੇਉ ॥ ਆਪ ਹੀ ਕਰਤਾ ਬੀਠੁਲੁ ਦੇਉ ॥੨॥੪॥ {ਪ੍ਰਭਾਤੀ, ਪੰਨਾ ੧੩੫੧

ਨਾਮਦੇਵ ਦਾ 'ਬੀਠਲ' ਪ੍ਰਭੂ ਆਪ ਹੀ ਸਭ ਦਾ ਪੈਦਾ ਕਰਨ ਵਾਲਾ ਹੈ ।

ਬੱਸ! ਇਹ ਨੌਂ ਸ਼ਬਦ ਹਨ ਨਾਮਦੇਵ ਜੀ ਦੇ, ਜਿਨ੍ਹਾਂ ਵਿਚ ਉਹਨਾਂ ਨੇ ਲਫ਼ਜ਼ 'ਬੀਠੁਲ' ਵਰਤਿਆ ਹੈ; ਕਿਤੇ ਭੀ ਇਹ ਸ਼ੱਕ ਕਰਨ ਦੀ ਗੁੰਜੈਸ਼ ਨਹੀਂ ਹੋ ਸਕੀ ਕਿ ਨਾਮਦੇਵ ਜੀ ਕਿਸੇ ਮੂਰਤੀ ਦਾ ਜ਼ਿਕਰ ਕਰ ਰਹੇ ਹਨ ।

ਪਾਠਕ ਸੱਜਣ ਇਹ ਗੱਲ ਭੀ ਚੇਤੇ ਰੱਖਣ ਕਿ ਜੇ ੯ ਵਾਰੀ ਲਫ਼ਜ਼ 'ਬੀਠੁਲ' ਵਰਤਿਆਂ ਨਾਮਦੇਵ ਜੀ ਉੱਤੇ ਮੂਰਤੀ-ਪੂਜਾ ਦਾ ਸ਼ੱਕ ਪੈ ਸਕਦਾ ਹੈ, ਤਾਂ ਸ੍ਰੀ ਗੁਰੂ ਅਰਜਨ ਸਾਹਿਬ ਨੇ ਭੀ ਇਹੀ ਲਫ਼ਜ਼ ੬ ਵਾਰੀ ਵਰਤਿਆ ਹੈ ।

ਨਾਮਦੇਵ ਜੀ ਅਤੇ ਮੂਰਤੀ-ਪੂਜਾ—

ਪਰ ਅਸਾਂ ਅਜੇ ਇਹ ਭੀ ਵੇਖਣਾ ਹੈ ਕਿ ਮੂਰਤੀ-ਪੂਜਾ ਬਾਰੇ ਨਾਮਦੇਵ ਜੀ ਦੇ ਆਪਣੇ ਕੀਹ ਖ਼ਿਆਲ ਹਨ ।

(੧) ਸਤਿਗੁਰੁ ਮਿਲੈ ਤ ਸਹਸਾ ਜਾਈ ॥ ਕਿਸੁ ਹਉ ਪੂਜਉ ਦੂਜਾ ਨਦਰਿ ਨ ਆਈ ॥੩॥ ਏਕੈ ਪਾਥਰ ਕੀਜੈ ਭਾਉ ॥ ਦੂਜੈ ਪਾਥਰ ਧਰੀਐ ਪਾਉ ॥੪॥ ਜੇ ਓਹੁ ਦੇਉ ਤ ਓਹੁ ਭੀ ਦੇਵਾ ॥ ਕਹਿ ਨਾਮਦੇਉ ਹਮ ਹਰਿ ਕੀ ਸੇਵਾ ॥੫॥੧॥
{ਗੂਜਰੀ

(੨) ਭੈਰਉ ਭੂਤ ਸੀਤਲਾ ਧਾਵੈ । ਖਰ ਬਾਹਨ ਉਹੁ ਛਾਰ ਉਡਾਵੈ ॥੧॥ ਹਉ ਤਉ ਏਕ ਰਮਈਆ ਲੈ ਹਉ ॥ ਆਨ ਦੇਵ ਬਦਲਾਵਨਿ ਦੈ ਹਉ ॥੧॥ਰਹਾਉ॥੬॥ {ਗੌਂਡ

(੩) ਹਿੰਦੂ ਪੂਜੈ ਦੇਹੁਰਾ ਮੁਸਲਮਾਣੁ ਮਸੀਤਿ ॥ ਨਾਮੇ ਸੋਈ ਸੇਵਿਆ ਜਹ ਦੇਹੁਰਾ ਨ ਮਸੀਤਿ ॥੪॥੩॥੭॥ {ਗੌਂਡ

ਨਾਮਦੇਵ ਜੀ ਦਾ ਇਸ਼ਟ—

ਨਾਮਦੇਵ ਕਿਸ ਇਸ਼ਟ ਦੇ ਉਪਾਸ਼ਕ ਸਨ? ਇਹ ਨਿਰਨਾ ਭੀ ਅਸਾਂ ਉਹਨਾਂ ਦੀ ਬਾਣੀ ਵਿਚੋਂ ਹੀ ਕਰਨਾ ਹੈ ।

(੧) ਕਹਾ ਕਰਉ ਜਾਤੀ ਕਹ ਕਰਉ ਪਾਤੀ ॥
. . ਰਾਮ ਕੋ ਨਾਮੁ ਜਪਉ ਦਿਨ ਰਾਤੀ ॥੧॥ਰਹਾਉ॥...

. . ਭਗਤਿ ਕਰਉ ਹਰਿ ਕੇ ਗੁਨ ਗਾਵਉ ॥
. . ਆਠ ਪਹਰ ਅਪਨਾ ਖਸਮੁ ਧਿਆਵਉ ॥੩॥੩॥ {ਆਸਾ ਨਾਮਦੇਵ

(੨) ਹਮਰੋ ਕਰਤਾ ਰਾਮੁ ਸਨੇਹੀ ॥ ... ...
. . ਕ੍ਰਿਪਾ ਕਰੀ ਜਨ ਅਪੁਨੇ ਊਪਰਿ, ਨਾਮਦੇਵ ਹਰਿ ਗੁਨ ਗਾਏ ॥੪॥੧॥ {ਧਨਾਸਰੀ

(੩) ਦੀਨ ਕਾ ਦਇਆਲੁ ਮਾਧੋ ਗਰਬ ਪਰਹਾਰੀ ॥
. . ਚਰਨ ਸਰਨ ਨਾਮਾ ਬਲਿ ਤਿਹਾਰੀ ॥੨॥੫॥ {ਧਨਾਸਰੀ

(੪) ਮੂਰਖ ਨਾਮਦੇਉ ਰਾਮਹਿ ਜਾਨੈ ॥੨॥੧॥ {ਟੋਡੀ

(੫) ਪਤਿਤ ਪਵਿਤ ਭਏ ਰਾਮੁ ਕਰਤ ਹੀ ॥ਰਹਾਉ॥੨॥ {ਟੋਡੀ

(੬) ਨਾਮੇ ਚੇ ਸੁਆਮੀ ਬਖਸੰਦ ਤੂੰ ਹਰੀ ॥੩॥੧॥ {ਤਿਲੰਗ

ਜਿਸ ਮਾਧੋ, ਰਾਮ, ਹਰੀ ਅਤੇ ਅੱਲਾਹ ਨੂੰ ਨਾਮਦੇਵ ਜੀ ਆਪਣਾ ਇਸ਼ਟ ਜਾਣ ਕੇ ਸਿਮਰਦੇ ਹਨ, ਉਸ ਦੇ ਸਰੂਪ ਬਾਰੇ ਆਖਦੇ ਹਨ—ਉਹ ਹਰ ਥਾਂ ਮੌਜੂਦ ਹੈ; ਸਾਰਾ ਜਗਤ ਉਸੇ ਤੋਂ ਬਣਿਆ ਹੈ ਤੇ ਉਸੇ ਦਾ ਆਸਰਾ ਲਿਆਂ ਜਗਤ ਦੀ ਮਾਇਆ ਦਾ ਪ੍ਰਭਾਵ ਦੂਰ ਹੋ ਸਕਦਾ ਹੈ; ਉਹ ਸਾਰੇ ਜਹਾਨ ਦਾ ਮਾਲਕ ਹੈ :—

(੧) ਏਕ ਅਨੇਕ ਬਿਆਪਕ ਪੂਰਕ ਜਤ ਦੇਖਉ ਤਤ ਸੋਈ ॥...
. . ਘਟ ਘਟ ਅੰਤਰਿ ਸਰਬ ਨਿਰੰਤਰਿ ਕੇਵਲ ਏਕ ਮੁਰਾਰੀ ॥੪॥੧॥ {ਆਸਾ

(੨) ਪਹਿਲ ਪੁਰਸਾਬਿਰਾ ॥ ਅਥੋਨ ਪੁਰਸਾਦਮਰਾ ॥ ਅਸ ਗਾ ਅਸ ਉਸ ਗਾ ॥
. . ਹਰਿ ਕਾ ਬਾਗਰਾ ਨਾਚੈ ਪਿੰਧੀ ਮਹਿ ਸਾਗਰਾ ॥੧॥ਰਹਾਉ॥...
. . ਭ੍ਰਮਿ ਭ੍ਰਮਿ ਆਏ ਤੁਮ ਚੇ ਦੁਆਰਾ ॥ . {ਧਨਾਸਰੀ

(੩) ਨੀਕੀ ਤੇਰੀ ਬਿਗਾਰੀ ਆਲੇ ਤੇਰਾ ਨਾਉ ॥ਰਹਾਉ॥.. {ਤਿਲੰਗ

ਇਸ ਇਸ਼ਟ ਦੀ ਪ੍ਰਾਪਤੀ ਦਾ ਵਸੀਲਾ—

ਇਸ ਪਰਮਾਤਮਾ ਦੇ ਸਿਮਰਨ ਦੀ ਦਾਤ, ਨਾਮਦੇਵ ਜੀ ਲਿਖਦੇ ਹਨ ਕਿ ਸਤਿਗੁਰੂ ਅਤੇ ਸਾਧ ਸੰਗਤਿ ਤੋਂ ਹੀ ਅਸਾਨੂੰ ਪ੍ਰਾਪਤ ਹੋਈ ਹੈ :—

(੧) ਛੀਪੇ ਕੇ ਘਰਿ ਜਨਮੁ ਦੈਲਾ, ਗੁਰ ਉਪਦੇਸੁ ਭੈਲਾ ॥
. . ਸੰਤਾ ਕੈ ਪਰਸਾਦਿ ਨਾਮਾ ਹਰਿ ਭੇਟੁਲਾ ॥੨॥੫॥ {ਆਸਾ

(੨) ਨਾਦਿ ਸਮਾਇਲੋ ਰੇ, ਸਤਿਗੁਰੁ ਭੇਟਿਲੇ ਦੇਵਾ ॥ਰਹਾਉ॥...
. . ਗੁਰ ਪਰਸਾਦੀ ਜਾਨਿਆ ॥ ਜਨੁ ਨਾਮਾਂ ਸਹਜ ਸਮਾਨਿਆ ॥੪॥੧॥ {ਸੋਰਠਿ

(੩) ਨਿਜ ਭਾਉ ਭਇਆ ਭ੍ਰਮੁ ਭਾਗਾ ॥ ਗੁਰ ਪੂਛੇ ਮਨੁ ਪਤੀਆਗਾ ॥੨॥...
. . ਗੁਰ ਚੇਲੇ ਹੈ ਮਨੁ ਮਾਨਿਆ ॥ ਜਨ ਨਾਮੈ ਤਤੁ ਪਛਾਨਿਆ ॥੩॥੩॥ {ਸੋਰਠਿ

(੪) ਸੰਤਾ ਮਧੇ ਗੋਬਿੰਦੁ ਆਛੈ ॥੪॥੩॥ {ਟੋਡੀ

(੫) ਸਫਲ ਜਨਮੁ ਮੋ ਕਉ ਗੁਰਿ ਕੀਨਾ ॥੧॥
. . ਗਿਆਨ ਅੰਜਨੁ ਮੋ ਕਉ ਗੁਰਿ ਦੀਨਾ ॥ {ਬਿਲਾਵਲ

(੬) ਨਾਮਦੇਉ ਨਰਾਇਨੁ ਪਾਇਆ ॥
. . ਗੁਰੁ ਭੇਟਤ ਅਲਖੁ ਲਖਾਇਆ ॥੩॥੪॥ {ਗੌਂਡ

ਭਗਤ ਕਬੀਰ ਜੀ, ਰਵਿਦਾਸ ਜੀ ਅਤੇ ਸਤਿਗੁਰੂ ਜੀ ਦੀ ਗਵਾਹੀ—

ਭਗਤ ਕਬੀਰ ਜੀ, ਰਵਿਦਾਸ ਜੀ ਅਤੇ ਸਤਿਗੁਰੂ ਜੀ ਭੀ ਏਹੀ ਗਵਾਹੀ ਦੇਂਦੇ ਹਨ ਕਿ ਨਾਮਦੇਵ ਜੀ ਉੱਤੇ ਪ੍ਰਭੂ ਦੀ ਹੀ ਕਿਰਪਾ ਹੋਈ ਸੀ, ਗੁਰੂ-ਦਰ ਤੋਂ ਹੀ ਪ੍ਰਾਪਤੀ ਹੋਈ ਸੀ :—

(੧) ਮਾਗਉ ਕਾਹਿ ਰੰਕ ਸਭ ਦੇਖਉ, ਤੁਮ ਹੀ ਤੇ ਮੇਰੋ ਨਿਸਤਾਰ ॥੧॥
. . ਜੈਦੇਉ ਨਾਮਾ ਬਿਪ ਸੁਦਾਮਾ, ਤਿਨ ਕਉ ਕ੍ਰਿਪਾ ਭਈ ਹੈ ਅਪਾਰ ॥੨॥੭॥. {ਬਿਲਾਵਲ ਕਬੀਰ ਜੀ

(੨) ਐਸੀ ਲਾਲ ਤੁਝ ਬਿਨੁ ਕਉਨੁ ਕਰੈ ॥ ...
. . ਨਾਮਦੇਵ ਕਬੀਰ ਤਿਲੋਚਨ ਸਧਨਾ ਸੈਨ ਤਰੈ ॥ {ਮਾਰੂ ਰਵਿਦਾਸ ਜੀ

(੩) ਗੋਬਿੰਦ ਗੋਬਿੰਦ ਗੋਬਿੰਦ ਸੰਗਿ, ਨਾਮਦੇਉ ਮਨੁ ਲੀਣਾ ॥
. . ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ ॥੧॥੨॥ {ਆਸਾ ਮਹਲਾ ੫

(੪) ਨਾਮਾ ਛੀਬਾ ਕਬੀਰੁ ਜੁੋਲਾਹਾ ਪੂਰੇ ਗੁਰ ਤੇ ਗਤਿ ਪਾਇ ॥
. . ਬ੍ਰਹਮ ਕੇ ਬੇਤੇ ਸਬਦੁ ਪਛਾਣਹਿ, ਹਉਮੈ ਜਾਤਿ ਗਵਾਈ ॥

. . ਸੁਰਿ ਨਰ ਤਿਨ ਕੀ ਬਾਣੀ ਗਾਵਹਿ, ਕੋਇ ਨ ਮੇਟੈ ਭਾਈ ॥੩॥੫॥੨੨॥ {ਸਿਰੀ ਰਾਗੁ ਮਹਲਾ ੩
(੫) ਨਾਮਾ ਜੈਦੇਉ ਕੰਬੀਰੁ ਤ੍ਰਿਲੋਚਨ, ਅਉਜਾਤਿ ਰਵਿਦਾਸੁ ਚਮਿਆਰੁ ਚਮਈਆ ॥
. . ਜੋ ਜੋ ਮਿਲੈ ਸਾਧੂ ਜਨ ਸੰਗਤਿ, ਧਨੁ ਧੰਨਾ ਜਟੁ ਸੈਣੁ ਮਿਲਿਆ ਹਰਿ ਦਈਆ ॥੭॥੪॥ {ਬਿਲਾਵਲੁ ਮਹਲਾ ੪

(੬) ਕਲਿਜੁਗ ਨਾਮੁ ਪ੍ਰਧਾਨੁ ਪਦਾਰਥੁ ਭਗਤ ਜਨਾ ਉਧਰੇ ॥
. . ਨਾਮਾ ਜੈਦੇਉ ਕਬੀਰੁ ਤ੍ਰਿਲੋਚਨੁ, ਸਭਿ ਦੋਖਿ ਗਏ ਚਮਰੇ ॥
. . ਗੁਰਮੁਖਿ ਨਾਮਿ ਲਗੇ ਸੇ ਉਧਰੇ, ਸਭਿ ਕਿਲਬਿਖ ਪਾਪ ਟਰੇ ॥੨॥੧॥ {ਮਾਰੂ ਮਹਲਾ ੪

(੭) ਸਾਧ ਸੰਗਿ ਨਾਨਕ ਬੁਧਿ ਪਾਈ, ਹਰਿ ਕੀਰਤਨੁ ਆਧਾਰੋ ॥
. . ਨਾਮਦੇਉ ਤ੍ਰਿਲੋਚਨੁ ਕਬੀਰ ਦਾਸਰੋ, ਮੁਕਤਿ ਭਇਓ ਚਮਿਆਰੋ ॥੨॥੧॥੧੦॥ {ਮਹਲਾ ਮਹਲਾ ੫

(੮) ਨਾਮਦੇਅ ਪ੍ਰੀਤਿ ਲਈ ਹਰਿ ਸੇਤੀ, ਲੋਕੁ ਛੀਪਾ ਕਹੈ ਬੁਲਾਇ ॥
. . ਖਤ੍ਰੀ ਬ੍ਰਾਹਮਣ ਪਿਠਿ ਦੇ ਛੋਡੇ, ਹਰਿ ਨਾਮਦੇਉ ਲੀਆ ਮੁਖਿ ਲਾਇ ॥੩॥੧॥੮॥ {ਸੂਹੀ ਮਹਲਾ ੪

(੯) ਕਬੀਰ ਧਿਆਇਓ ਏਕ ਰੰਗ ॥ ਨਾਮਦੇਵ ਹਰਿ ਜੀਉ ਬਸਹਿ ਸੰਗਿ ॥
. . ਰਵਿਦਾਸ ਧਿਆਏ ਪ੍ਰਭ ਅਨੂਪ ॥ ਗੁਰੂ ਨਾਨਕ ਦੇਵ ਗੋਵਿੰਦ ਰੂਪ ॥੮॥੧॥ {ਬਸੰਤੁ ਮਹਲਾ ੫ ਘਰੁ ੧

(੧੦) ਗੁਣ ਗਾਵੈ ਰਵਿਦਾਸੁ ਭਗਤ ਜੈਦੇਵ ਤ੍ਰਿਲੋਚਨ ॥
. . . ਨਾਮਾ ਭਗਤੁ ਕਬੀਰੁ ਸਦਾ ਗਾਵਹਿ ਸਮਲੋਚਨ ॥ {ਕੱਲ ਸਹਾਰ, ਸਵਈਏ ਮਹਲੇ ਪਹਿਲੇ ਕੇ

ਇਹਨਾਂ ਉਪਰ–ਲਿਖੇ ਪ੍ਰਮਾਣਾਂ ਵਿਚ ਇਕ ਸੁਆਦਲੀ ਗੱਲ ਇਹ ਹੈ ਕਿ ਕਿਸੇ ਭਗਤ ਜਾਂ ਸਤਿਗੁਰੂ ਜੀ ਨੇ ਕਿਤੇ ਇਹ ਨਹੀਂ ਆਖਿਆ ਕਿ ਜਿਤਨਾ ਚਿਰ ਨਾਮਦੇਵ ਬੀਠੁਲ–ਮੂਰਤੀ ਨੂੰ ਪੂਜਦਾ ਰਿਹਾ ਉਸ ਦਾ ਕੁਝ ਨਾ ਬਣਿਆ । ਸਿਰਫ਼ ਇਹੀ ਜ਼ਿਕਰ ਹੈ ਕਿ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਿਆਂ ਨਾਮਦੇਵ ਦਾ ਭੀ ਉੱਧਾਰ ਹੋ ਗਿਆ, ਭਾਵੇਂ ਉਸ ਨੂੰ ਲੋਕ ਨੀਵੀਂ ਜਾਤ ਦਾ ਹੀ ਆਖਦੇ ਸਨ ।

ਨਾਮਦੇਵ ਜੀ ਦੀ ਪਹਿਲੀ ਅਵਸਥਾ—

ਨਾਮਦੇਵ ਜੀ ਦੀ ਸਾਰੀ ਬਾਣੀ ਵਿਚ ੧੦ ਸ਼ਬਦ ਐਸੇ ਹਨ ਜਿਨ੍ਹਾਂ ਨੂੰ ਪੜ੍ਹ ਕੇ ਕਈ ਸੱਜਣਾਂ ਨੇ ਟੀਕੇ ਲਿਖਦਿਆਂ ਕਾਹਲੀ ਵਿਚ ਇਹ ਕਹਿ ਦਿੱਤਾ ਹੈ ਕਿ ਨਾਮਦੇਵ ਜੀ ਇਹਨਾਂ ਸ਼ਬਦਾਂ ਵਿਚ ਆਪਣੀ ਪਹਿਲੀ ਮੂਰਤੀ–ਪੂਜ ਅਵਸਥਾ ਦਾ ਜ਼ਿਕਰ ਕਰਦੇ ਹਨ । ਅਸੀ ਸ਼ੁਰੂ ਵਿਚ ਹੀ ਕਹਿ ਚੁੱਕੇ ਹਾਂ ਕਿ ਨਾਮਦੇਵ ਪਹਿਲਾਂ ਮੂਰਤੀ–ਪੂਜ ਰਿਹਾ ਹੋਵੇ ਜਾਂ ਨਾਹ ਰਿਹਾ ਹੋਵੇ, ਇਸ ਨਾਲ ਅਸਾਨੂੰ ਕੋਈ ਝਗੜਾ ਨਹੀਂ । ਅਸੀ ਸਿਰਫ਼ ਇਸ ਗੱਲ ਤੇ ਜ਼ੋਰ ਦੇਂਦੇ ਹਾਂ ਕਿ ਅਸਾਡੇ ਦੀਨ ਦੁਨੀਆ ਦੇ ਰਾਹਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਕੋਈ ਨਿੱਕਾ ਜਿਹਾ ਅੰਗ ਭੀ ਐਸਾ ਨਹੀਂ ਹੋ ਸਕਦਾ, ਜਿਸ ਵਿਚ ਕਿਤੇ ਰਤਾ–ਭਰ ਭੀ ਕੱਚੀ ਬਾਣੀ ਦੀ ਅੰਸ਼ ਹੋਵੇ । ਸਤਿਗੁਰੂ ਨਾਨਕ ਪਾਤਿਸ਼ਾਹ ਦੇ ਗਿਆਨ–ਸੂਰਜ ਦੇ ਚਮਕਣ ਲਈ ਕਿਸੇ ਹੋਰ ਗਵਾਹੀ ਜਾਂ ਰੌਸ਼ਨੀ ਦੀ ਮਦਦ ਦੀ ਲੋੜ ਨਹੀਂ ਸੀ ਕਿ ਕਿਸੇ ਨਾਮਦੇਵ ਦੀ ਮੂਰਤੀ–ਪੂਜ ਅਵਸਥਾ ਦੀ ਕਵਿਤਾ ਦਰਜ ਕੀਤੀ ਹੋਵੇ । ਫਿਰ ਭੀ, ਆਪਣੇ ਪਾਠਕਾਂ ਦੀ ਤਸੱਲੀ ਤੇ ਵਾਕਫ਼ੀ ਲਈ ਅਸੀ ਹੁਣ ਵਾਰੋ–ਵਾਰੀ ਉਹਨਾਂ ੧੦ ਸ਼ਬਦਾਂ ਉੱਤੇ ਵਿਚਾਰ ਕਰਾਂਗੇ ਜਿਨ੍ਹਾਂ ਤੋਂ ਨਾਮਦੇਵ ਜੀ ਦੇ ਮੂਰਤੀ–ਪੂਜ ਅਵਤਾਰ–ਪੂਜ ਹੋਣ ਦਾ ਭੁਲੇਖਾ ਪੈ ਸਕਦਾ ਹੈ ।

ਕ੍ਰਿਸ਼ਨ–ਭਗਤੀ ਦਾ ਭੁਲੇਖਾ

(੧) ਗਉੜੀ— ਦੇਵਾ ਪਾਹਨ ਤਾਰੀਅਲੇ ॥ ਰਾਮ ਕਹਤ ਜਨ ਕਸ ਨ ਤਰੇ ॥੧॥ਰਹਾਉ॥ ਤਾਰੀਲੇ ਗਨਿਕਾ ਬਿਨੁ ਰੂਪ ਕੁਬਿਜਾ ਬਿਆਧਿ ਅਜਾਮਲੁ ਤਾਰੀਅਲੇ ॥ ਚਰਨ ਬਧਿਕ ਜਨ ਤੇਊ ਮੁਕਤਿ ਭਏ, ਹਉ ਬਲਿ ਬਲਿ ਜਿਨ ਰਾਮ ਕਹੇ ॥੧॥ ਦਾਸੀ ਸੁਤ ਜਨੁ ਬਿਦਰੁ ਸੁਦਾਮਾ, ਉਗ੍ਰਸੈਨ ਕਉ ਰਾਜੁ ਦੀਏ ॥ ਜਪ ਹੀਨ ਤਪ ਹੀਨ ਕੁਲ ਹੀਨ ਕ੍ਰਮ ਹੀਨ, ਨਾਮੇ ਕੇ ਸੁਆਮੀ ਤੇਊ ਤਰੇ ॥੨॥੧॥ {ਗਉੜੀ, ਪੰਨਾ ੩੪੫}

ਨਾਮਦੇਵ ਜੀ ਹਿੰਦੂ ਸਨ, ਲੋਕਾਂ ਦੇ ਭਾਣੇ ਭਾਵੇਂ ਨੀਵੀਂ ਜਾਤ ਦੇ ਸਨ । ਹਿੰਦੂ ਭਾਈਚਾਰੇ ਨੇ ਹੀ ਉਹਨਾਂ ਨੂੰ ਸ਼ੂਦਰ ਆਖਣਾ ਸੀ । ਹਿੰਦੂਆਂ ਵਿਚ ਪਲ ਕੇ ਧਰਮ–ਸੰਬੰਧੀ ਸਾਖੀਆਂ ਭੀ ਉਹਨਾਂ ਨੇ ਕੁਦਰਤੀ ਤੌਰ ਤੇ ਹਿੰਦੂ ਅਵਤਾਰਾਂ ਤੇ ਮਹਾਂ ਪੁਰਖਾਂ ਵਿਚੋਂ ਲੈਣੀਆਂ ਸਨ । ਜਿਨ੍ਹਾਂ ਸਾਖੀਆਂ ਵਲ ਇਥੇ ਇਸ਼ਾਰਾ ਹੈ, ਉਹ ਬਹੁਤੀਆਂ ਕ੍ਰਿਸ਼ਨ ਜੀ ਨਾਲ ਸੰਬੰਧ ਰੱਖਦੀਆਂ ਹਨ; ਪਰ "ਪਾਹਨ ਤਾਰੀਅਲੇ" ਵਾਲੀ ਸਾਖੀ ਸ੍ਰੀ ਰਾਮ ਚੰਦਰ ਜੀ ਦੀ ਹੈ । ਫਿਰ, ਇਹ ਭੀ ਆਖਦੇ ਹਨ ਕਿ "ਹਉ ਬਲਿ ਬਲਿ ਜਿਨ ਰਾਮ ਕਹੇ" । ਸੋ ਨਾਮਦੇਵ ਜੀ ਇਹਨਾਂ ਵਿਚੋਂ ਕਿਸੇ ਖ਼ਾਸ ਇੱਕ ਦੇ ਅਵਤਾਰ–ਰੂਪ ਵਿਚ ਪੁਜਾਰੀ ਨਹੀਂ ਸਨ । ਇਹਨਾਂ ਦੀ ਰਾਹੀਂ ਤਰੇ ਭਗਤਾਂ ਨੂੰ ਪਰਮਾਤਮਾ ਦੀ ਮਿਹਰ ਦਾ ਪਾਤਰ ਸਮਝਦੇ ਹਨ, ਤਾਹੀਏਂ ਆਖਦੇ ਹਨ, "ਰਾਮ ਕਹਤ ਜਨ ਕਸ ਨ ਤਰੇ" ।

(੨) ਮਾਲੀ ਗਉੜਾ— ਮੇਰੋ ਬਾਪੁ ਮਾਧਉ ਤੂ ਧਨੁ ਕੇਸੌ ਸਾਂਵਲੀਓ ਬੀਠੁਲਾਇ ॥੧॥ਰਹਾਉ॥ ਕਰ ਧਰੇ ਚਕ੍ਰ ਬੈਕੁੰਠ ਤੇ ਆਏ, ਗਜ ਹਸਤੀ ਕੇ ਪ੍ਰਾਨ ਉਧਾਰੀਅਲੇ ॥ ਦੁਹਸਾਸਨ ਕੀ ਸਭਾ ਦ੍ਰੋਪਤੀ, ਅੰਬਰ ਲੇਤ ਉਬਾਰੀਅਲੇ ॥੧॥ ਗੋਤਮ ਨਾਰਿ ਅਹਲਿਆ ਤਾਰੀ, ਪਾਵਨ ਕੇਤਕ ਤਾਰੀਅਲ਼ੇ ॥ ਐਸਾ ਅਧਮੁ ਅਜਾਤਿ ਨਾਮਦੇਉ, ਤਉ ਸਰਨਾਗਤਿ ਆਈਅਲੇ ॥੨॥੨॥ {ਪੰਨਾ ੯੮੮

ਇਸ ਸ਼ਬਦ ਦਾ ਹਵਾਲਾ ਦੇ ਕੇ ਭਗਤ–ਬਾਣੀ ਦੇ ਵਿਰੋਧੀ ਸੱਜਣ ਜੀ ਲਿਖਦੇ ਹਨ ਕਿ ਇਸ ਵਿਚ "ਕ੍ਰਿਸ਼ਨ ਜੀ ਦੀ ਸਾਫ਼ ਉਸਤਤੀ ਕੀਤੀ ਗਈ ਹੈ ਤੇ ਇਹ ਮੰਨਿਆ ਹੈ ਜੋ ਈਸ਼੍ਵਰ ਦੇ ਹੱਥ ਵਿਚ ਗਦਾ ਸੰਖ ਆਦਿ ਸ਼ਸ਼ਤਰ ਹਨ ਤੇ ਉਹਦੀ ਮੂਰਤੀ ਹੈ ।"

ਅਗਾਂਹ ਸਿਰ–ਲੇਖ 'ਵਿਸ਼ਨੂੰ–ਭਗਤੀ' ਹੇਠ ਅਸਾਂ ਨਾਮਦੇਵ ਜੀ ਦਾ ਮਾਰੂ ਰਾਗ ਦਾ ਸ਼ਬਦ ਦੇ ਕੇ ਕਾਫ਼ੀ ਖੁਲ੍ਹੀ ਵਿਚਾਰ ਕਰ ਦਿੱਤੀ ਹੈ ਕਿ ਨਾਮਦੇਵ ਜੀ ਨੇ ਇਹ ਲਫ਼ਜ਼ 'ਸੰਖ ਚਕ੍ਰ' ਆਦਿਕ ਕਿਉਂ ਵਰਤੇ ਹਨ । ਇਸ ਸ਼ਬਦ ਦੇ ਸੰਬੰਧ ਵਿਚ ਇਕ ਹੋਰ ਗੱਲ ਭੀ ਸੋਚਣ ਵਾਲੀ ਹੈ । ਭਗਤ ਜੀ ਘਰ ਬੈਠੇ ਵੇਹਲੇ ਦਿਲ–ਪਰਚਾਵੇ ਦੀ ਖ਼ਾਤਰ ਨਹੀਂ ਲਿਖ ਰਹੇ । ਸ਼ਬਦ ਦੀ ਅੰਦਰਲੀ ਡੂੰਘਾਈ ਵਿਚ ਜਾ ਕੇ ਵੇਖੋ । ਉੱਚੀ ਜਾਤ ਵਾਲਿਆਂ ਵਲੋਂ ਤੰਗੀ ਆ ਰਹੀ ਹੈ, ਇਸ ਵਧੀਕੀ ਨੂੰ ਸਹਾਰਨ ਲਈ ਪਿਤਾ ਪ੍ਰਭੂ ਨੂੰ ਆਖਦੇ ਹਨ—ਸਦਕੇ! ਪਿਤਾ, ਤਾਂ ਕੀਹ ਹੋਇਆ ਜੇ ਮੈਂ ਨੀਚ ਹਾਂ ਨੀਵੀਂ ਜਾਤ ਵਾਲਾ ਹਾਂ? ਕੀ ਗੋਤਮ ਦੀ ਇਸਤ੍ਰੀ ਨੂੰ ਤੂੰ ਪਵਿੱਤਰ ਨਹੀਂ ਕੀਤਾ? ਕੀ ਗਜ ਦੇ ਪ੍ਰਾਣ ਤੂੰ ਨਹੀਂ ਸਨ ਬਚਾਏ? ਕੀ ਦ੍ਰੋਪਤੀ ਦੀ ਲਾਜ ਤੂੰ ਨਹੀਂ ਸੀ ਰੱਖੀ? ਮੈਨੂੰ ਭੀ ਇਕ ਅਜਿਹਾ ਹੀ ਜਾਣ ਲੈ, ਮੈਂ ਤੇਰੀ ਸਰਨ ਆਇਆ ਹਾਂ ।

ਇੱਥੇ ਉੱਚੀ ਜਾਤ ਵਾਲਿਆਂ ਨੂੰ ਇਕ ਤਰ੍ਹਾਂ ਵੰਗਾਰਿਆ ਭੀ ਜਾ ਰਿਹਾ ਹੈ ਕਿ ਉਹ ਪਰਮਾਤਮਾ ਨਿਰਾ ਤੁਹਾਡਾ ਹੀ ਨਹੀਂ ਹੈ, ਅਸਾਡਾ ਗਰੀਬਾਂ ਤੇ ਸ਼ੂਦਰਾਂ ਦਾ ਭੀ ਉਹੀ ਮਾਲਿਕ ਤੇ ਪਾਲਕ ਹੈ ।

ਫਿਰ, ਜਿਸ ਨੂੰ ਆਪਣਾ ਪੈਦਾ ਕਰਨ ਵਾਲਾ ਕਹਿ ਰਹੇ ਹਨ ਤੇ ਜਿਸ ਦੀ ਸਰਨ ਪੈਂਦੇ ਹਨ ਉਸ ਨੂੰ ਕਈ ਨਾਵਾਂ ਨਾਲ ਸੰਬੋਧਨ ਕਰਦੇ ਹਨ; ਜਿਵੇਂ, ਮਾਧੋ, ਕੇਸੌ, ਸਾਂਵਲਾ, ਬੀਠੁਲ । ਮਾਧੋ, ਸਾਂਵਲਾ ਅਤੇ ਬੀਠੁਲ ਤਾਂ ਕ੍ਰਿਸ਼ਨ ਜੀ ਦੇ ਨਾਮ ਕਹੇ ਜਾ ਸਕਦੇ ਹਨ, ਪਰ 'ਕੇਸੌ' ਵਿਸ਼ਨੂੰ ਦਾ ਨਾਮ ਹੈ । ਜਿਨ੍ਹਾਂ ਜਿਨ੍ਹਾਂ ਦੀ ਰੱਖਿਆ ਦਾ ਜ਼ਿਕਰ ਆਇਆ ਹੈ, ਉਹਨਾਂ ਸਭਨਾਂ ਦਾ ਵਾਹ ਕ੍ਰਿਸ਼ਨ ਜੀ ਨਾਲ ਨਹੀਂ ਪਿਆ । ਪੁਰਾਣਕ ਸਾਖੀਆਂ ਅਨੁਸਾਰ ਦ੍ਰੋਪਤੀ ਦੀ ਲਾਜ ਕ੍ਰਿਸ਼ਨ ਜੀ ਨੇ ਰੱਖੀ ਸੀ; ਪਰ ਅਹੱਲਿਆ ਨੂੰ ਤਾਰਨ ਵਾਲੇ ਸ੍ਰੀ ਰਾਮ ਚੰਦਰ ਜੀ ਸਨ । ਇੱਕ ਅਵਤਾਰ ਦਾ ਭਗਤ ਦੂਜੇ ਅਵਤਾਰ ਦਾ ਪੁਜਾਰੀ ਨਹੀਂ ਹੋ ਸਕਦਾ । ਦ੍ਰੋਪਤੀ ਤੇ ਅਹੱਲਿਆ ਦੋਹਾਂ ਨੂੰ ਵੱਖੋ–ਵੱਖ ਜੁਗਾਂ ਵਿਚ ਤਾਰਨ ਵਾਲਾ ਨਾਮਦੇਵ ਜੀ ਨੂੰ ਕੋਈ ਉਹ ਦਿੱਸ ਰਿਹਾ ਹੈ, ਜੋ ਸਿਰਫ਼ ਇੱਕ ਜੁਗ ਵਿਚ ਨਹੀਂ ਸਦਾ ਹੀ ਕਾਇਮ ਰਹਿਣ ਵਾਲਾ ਹੈ । ਉਹ ਹੈ ਨਾਮਦੇਵ ਜੀ ਦਾ ਉਹ ਪ੍ਰਭੂ ਜੋ ਉਹਨਾਂ ਨੂੰ ਨਾਰਾਇਣ, ਕ੍ਰਿਸ਼ਨ ਜੀ, ਸ੍ਰੀ ਰਾਮਚੰਦਰ ਜੀ ਤੇ ਨਰਸਿੰਘ ਇਹਨਾਂ ਸਭਨਾਂ ਵਿਚ ਹੀ ਦਿੱਸਦਾ ਹੈ । ਦੂਜੇ ਲਫ਼ਜ਼ਾਂ ਵਿਚ ਇਹ ਕਹਿ ਲਵੋ ਕਿ ਨਾਮਦੇਵ ਜੀ ਇਸ ਸ਼ਬਦ ਵਿਚ ਨਿਰੋਲ ਪਰਮਾਤਮਾ ਅੱਗੇ ਬੇਨਤੀ ਕਰ ਰਹੇ ਹਨ ।

ਭਗਤ ਨਾਮਦੇਵ ਜੀ ਦੀ ਬਾਣੀ ਓਪਰੀ ਨਜ਼ਰੇ ਪੜ੍ਹਨ ਵਾਲੇ ਸੱਜਣ ਇਹ ਭੁਲੇਖਾ ਖਾ ਰਹੇ ਹਨ ਕਿ ਨਾਮਦੇਵ ਜੀ ਕ੍ਰਿਸ਼ਨ ਜੀ ਦੇ ਉਪਾਸ਼ਕ ਸਨ ਤੇ ਕ੍ਰਿਸ਼ਨ-ਉਪਸ਼ਨਾ ਦੇ ਸ਼ਬਦ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ । ਪਰ, ਵੇਖੋ ਰਾਗ ਸੋਰਠਿ ਵਿਚ ਨਾਮਦੇਵ ਜੀ ਦਾ ਦੂਜਾ ਸ਼ਬਦ—

ਬੇਢੀ ਕੇ ਗੁਣ ਸੁਨਿ ਰੀ ਬਾਈ, ਜਲਧਿ, ਬਾਂਧ ਧ੍ਰੂ ਥਾਪਿਓ ਹੋ ॥ ਨਾਮੇ ਕੇ ਸੁਆਮੀ ਸੀਅ ਬਹੋਰੀ, ਲੰਕ ਭਭੀਖਣ ਆਪਿਓ ਹੋ ॥੪॥੨॥

ਨਾਮਦੇਵ ਜੀ ਦੀ ਜਿੰਦ ਦਾ ਆਸਰਾ ਉਹ ਨਿਰਗੁਣ-ਸਰੂਪ ਪਰਮਾਤਮਾ ਸੀ, ਜਿਸ ਨੇ ਰਾਮ-ਰੂਪ ਵਿਚ ਭੀ ਆ ਕੇ ਸੀਤਾ ਜੀ ਨੂੰ ਲੰਕਾ ਤੋਂ ਮੋੜ ਲਿਆਂਦਾ ਤੇ ਭਭੀਖਨ ਨੂੰ ਲੰਕਾ ਦਾ ਰਾਜ ਦਿੱਤਾ । ਧ੍ਰੂ ਭਗਤ ਤਾਂ ਸ੍ਰੀ ਰਾਮਚੰਦਰ ਜੀ ਤੋਂ ਭੀ ਪਹਿਲਾਂ ਸਤਜੁਗ ਵਿਚ ਹੋਇਆ ਦੱਸੀਦਾ ਹੈ ਤੇ ਕ੍ਰਿਸ਼ਨ ਜੀ ਢੇਰ ਸਮਾਂ ਪਿੱਛੋਂ ਹੋਏ ਦੁਆਪਰ ਵਿਚ । ਸੋ, ਨਾਮਦੇਵ ਜੀ ਕਿਸੇ ਅਵਤਾਰ ਦੇ ਪੁਜਾਰੀ ਨਹੀਂ ਸਨ ।

(੩) ਮਾਲੀ ਗਉੜਾ— ਧਨਿ ਧੰਨਿ ਓ ਰਾਮ ਬੇਨੁ ਬਾਜੈ ॥ ਮਧੁਰ ਮਧੁਰ ਧੁਨਿ ਅਨਹਤ ਗਾਜੈ ॥੧॥ਰਹਾਉ॥ ਧਨਿ ਧਨਿ ਮੇਘਾ ਰੋਮਾਵਲੀ ॥ ਧਨਿ ਧਨਿ ਕ੍ਰਿਸਨ ਓਢੈ ਕਾਂਬਲੀ ॥੧॥ ਧਨਿ ਧਨਿ ਤੂ ਮਾਤਾ ਦੇਵਕੀ ॥ ਜਿਹ ਗ੍ਰਿਹ ਰਮਈਆ ਕਵਲਾਪਤੀ ॥੨॥ ਧਨਿ ਧਨਿ ਬਨਖੰਡ ਬਿੰਦ੍ਰਾਬਨਾ ॥ ਜਹ ਖੇਲੈ ਸ੍ਰੀ ਨਾਰਾਇਨਾ ॥੩॥ ਬੇਨੁ ਬਜਾਵੈ ਗੋਧਨੁ ਚਰੈ ॥ ਨਾਮੇ ਕਾ ਸੁਆਮੀ ਆਨਦ ਕਰੈ ॥੪॥੧॥

ਇਸ ਸ਼ਬਦ ਦਾ ਹਵਾਲਾ ਦੇ ਕੇ ਵਿਰੋਧੀ ਸੱਜਣ ਲਿਖਦੇ ਹਨ ਕਿ ਇਸ ਵਿਚ ਕ੍ਰਿਸ਼ਨ ਜੀ ਦੀ ਸਾਫ਼ ਉਸਤਤੀ ਕੀਤੀ ਗਈ ਹੈ ।

ਸਮਝਣ ਵਾਲੀ ਗੱਲ—

ਪਰ, ਰਤਾ ਧਿਆਨ ਨਾਲ ਪੜ੍ਹ ਕੇ ਵੇਖੋ ਤੇ ਹਰੇਕ ਤੁਕ ਨੂੰ ਵਿਚਾਰੋ । ਕਿਸ ਤੁਕ ਵਿਚ ਆਪ ਨੂੰ ਕ੍ਰਿਸ਼ਨ ਜੀ ਦੀ ਉਸਤਤੀ ਕੀਤੀ ਹੋਈ ਦਿੱਸਦੀ ਹੈ? ਹਰੇਕ ਤੁਕ ਨੂੰ ਵਾਰੋ ਵਾਰੀ ਵੇਖ ਲਵੋ । ਸਭ ਤੋਂ ਪਹਿਲਾਂ 'ਰਹਾਉ' ਦੀ ਤੁਕ ਹੈ, ਇਸ ਵਿਚ ਕ੍ਰਿਸ਼ਨ ਜੀ ਦੇ ਕਿਹੜੇ ਗੁਣ ਦੱਸੇ ਹਨ? ਕੋਈ ਭੀ ਨਹੀਂ । "ਧਨਿ ਧੰਨਿ" ਕਿਸ ਨੂੰ ਆਖ ਰਹੇ ਹਨ? ਰਤਾ ਧਿਆਨ ਨਾਲ ਵੇਖੋ । "ਬੇਨੁ" ਨੂੰ 'ਧਨਿ ਧੰਨਿ' ਆਖ ਰਹੇ ਹਨ, 'ਕ੍ਰਿਸ਼ਨ' ਜੀ ਨੂੰ ਨਹੀਂ । ਇਸੇ ਤਰ੍ਹਾਂ ਅਗਲੀਆਂ ਤੁਕਾਂ ਵਿਚ ਭੀ ਮੇਢੇ ਦੀ ਉੱਨ ਤੇ ਉਸ ਤੋਂ ਬਣੀ ਕੰਬਲੀ ਤੋਂ ਸਦਕੇ ਹੋ ਰਹੇ ਹਨ, ਕ੍ਰਿਸ਼ਨ ਜੀ ਦੀ ਮਾਂ ਦੇਵਕੀ ਨੂੰ 'ਧਨਿ ਧਨਿ' ਆਖਦੇ ਹਨ, ਬਿੰਦ੍ਰਾਬਨ ਤੋਂ ਕੁਰਬਾਨ ਹੁੰਦੇ ਹਨ । ਸਾਰੇ ਹੀ ਸ਼ਬਦ ਵਿਚ ਕ੍ਰਿਸ਼ਨ ਜੀ ਦਾ ਸਿੱਧਾ ਕੋਈ ਜ਼ਿਕਰ ਨਹੀਂ, ਨਾ ਹੀ ਉਹਨਾਂ ਦੇ ਕਿਸੇ ਗੁਣ ਦਾ ਕੋਈ ਬਿਆਨ ਹੈ ।

ਦੁਸਾਸਨ ਦੀ ਸਭਾ ਵਿਚ ਦ੍ਰੋਪਤੀ ਦੀ ਇੱਜ਼ਤ ਰੱਖ ਲੈਣੀ, ਕੰਸ ਨੂੰ ਮਾਰ ਕੇ ਉਗ੍ਰ ਸੈਨ ਨੂੰ ਰਾਜ ਦੇਣਾ—ਇਹੋ ਜਿਹੀਆਂ ਗੱਲਾਂ ਤਾਂ ਕ੍ਰਿਸ਼ਨ ਜੀ ਦੇ ਗੁਣ ਕਹੇ ਜਾ ਸਕਦੇ ਹਨ; ਪਰ ਕਿਸੇ ਮਾਂ ਦੇ ਘਰ ਜੰਮ ਪੈਣਾ, ਕਿਸੇ ਮੇਢੇ ਦੀ ਉੱਨ ਦੀ ਬਣੀ ਕੰਬਲੀ ਪਾ ਲੈਣੀ, ਬਾਲ-ਉਮਰੇ ਕਿਤੇ ਖੇਡਣਾ, ਬੰਸਰੀ ਵਜਾਉਣੀ—ਇਹ ਗੱਲਾਂ ਤਾਂ ਸਾਰੇ ਹੀ ਬਾਲਕਾਂ ਵਿਚ ਸਾਂਝੀਆਂ ਹੋ ਸਕਦੀਆਂ ਹਨ । ਇਹ ਗੱਲਾਂ ਸੁਣਾਣ ਇਹ ਕ੍ਰਿਸ਼ਨ ਜੀ ਦੀ ਕੋਈ ਭੀ ਖ਼ਾਸ ਵਡਿਆਈ ਨਹੀਂ ਹੈ ।

ਇਹੀ ਸੀ ਭੇਤ ਦੀ ਗੱਲ—

ਇਸ ਸ਼ਬਦ ਵਿਚ ਇਹੀ ਸੀ ਰਾਜ਼ ਜੋ ਸਮਝਣ ਵਾਲਾ ਸੀ ਤੇ ਜਿਸ ਤੋਂ ਖੁੰਝ ਕੇ ਅਸਾਂ ਨਾਮਦੇਵ ਜੀ ਨੂੰ ਅਵਤਾਰੀ ਕ੍ਰਿਸ਼ਨ ਜੀ ਦਾ ਪੁਜਾਰੀ ਮਿਥ ਲਿਆ ।

ਇਨਸਾਨੀ ਸੁਭਾਵ ਵਿਚ ਇਹ ਇਕ ਕੁਦਰਤੀ ਕੌਤਕ ਹੈ ਕਿ ਮਨੁੱਖ ਨੂੰ ਆਪਣੇ ਕਿਸੇ ਅੱਤ ਪਿਆਰੇ ਨਾਲ ਸੰਬੰਧ ਰੱਖਣ ਵਾਲੀਆਂ ਚੀਜ਼ਾਂ ਪਿਆਰੀਆਂ ਲੱਗਦੀਆਂ ਹਨ । ਭਾਈ ਗੁਰਦਾਸ ਜੀ ਲਿਖਦੇ ਹਨ :—

ਲੈਲੀ ਦੀ ਦਰਗਾਹ ਦਾ ਕੁੱਤਾ ਮਨਨੂੰ ਦੇਖਿ ਲੋਭਾਣਾ ॥
ਕੁੱਤੇ ਦੀ ਪੈਰੀਂ ਪਵੈ, ਹੜਿ ਹੜਿ ਹੱਸੈ ਲੋਕ ਵਿਡਾਣਾ ॥੩੧॥੩੭॥

ਗੁਰੂ ਦੇ ਪਿਆਰ ਤੋਂ ਵਿਕੇ ਹੋਏ ਗੁਰੂ ਅਮਰਦਾਸ ਜੀ ਭੀ ਲਿਖਦੇ ਹਨ :—

ਧਨੁ ਜਨਨੀ ਜਿਨਿ ਜਾਇਆ, ਧੰਨੁ ਪਿਤਾ ਪਰਧਾਨੁ ॥
ਸਤਿਗੁਰੁ ਸੇਵਿ ਸੁਖੁ ਪਾਇਆ, ਵਿਚਹੁ ਗਇਆ ਗੁਮਾਨੁ ॥
ਦਰਿ ਸੇਵਨਿ ਸੰਤ ਜਨ ਖੜੇ, ਪਾਇਨਿ ਗੁਣੀ ਨਿਧਾਨ ॥੧॥੧੬॥੪੯॥ {ਸਿਰੀ ਰਾਗੁ ਮ: ੩, ਪੰਨਾ ੩੨

ਇਸੇ ਤਰ੍ਹਾਂ—

"ਜਿਥੈ ਜਾਇ ਬਹੈ ਮੇਰਾ ਸਤਿਗੁਰੂ, ਸੋ ਥਾਨ ਸੁਹਾਵਾ ॥" {ਆਸਾ ਮ: ੪ ਛੰਤ

ਗੁਰੂ ਤੋਂ ਸਦਕੇ ਹੋ ਰਹੇ ਗੁਰੂ ਰਾਮਦਾਸ ਜੀ ਗੁਰੂ ਦੇ ਸਰੀਰ ਤੇ ਗੁਰੂ ਦੀ ਜੀਭ ਤੋਂ ਭੀ ਕੁਰਬਾਨ ਹੁੰਦੇ ਹਨ :—

ਸੋ ਧੰਨੁ ਗੁਰੂ ਸਾਬਾਸਿ ਹੈ, ਹਰਿ ਦੇਇ ਸਨੇਹਾ ॥ ਹਉ ਵੇਖਿ ਵੇਖਿ ਗੁਰੂ ਵਿਗਸਿਆ, ਗੁਰ ਸਤਿਗੁਰ ਦੇਹਾ ॥੧੭॥ ਗੁਰ ਰਸਨਾ ਅੰਮ੍ਰਿਤੁ ਬੋਲਦੀ, ਹਰਿ ਨਾਮਿ ਸੁਹਾਵੀ ॥ ਜਿਨ ਸੁਣਿ ਸਿਖਾ ਗੁਰੁ ਮੰਨਿਆ, ਤਿਨਾ ਭੁਖ ਸਭ ਜਾਵੀ ॥੧੮॥੨॥ {ਤਿਲੰਗ ਮਹਲਾ ੪, ਪੰਨਾ ੭੨੬

ਪਿਆਰੇ ਨਾਲ ਸੰਬੰਧ ਰੱਖਣ ਵਾਲਿਆਂ ਨਾਲ ਭੀ ਪਿਆਰ—

ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਨਾਲ "ਲਾਵਾਂ" ਲੈਣੀਆਂ ਹਨ, ਉਸ ਦੇ ਵਾਸਤੇ ਚਾਰ ਲਾਵਾਂ ਵਿਚੋਂ ਇਹ ਦੂਜੀ ਲਾਂਵ ਹੈ ਕਿ ਉਹ ਆਪਣੇ ਪਿਆਰੇ ਨਾਲ ਸੰਬੰਧ ਰੱਖਣ ਵਾਲਿਆਂ ਨਾਲ ਭੀ ਪਿਆਰ ਕਰੇ ।

ਹਿੰਦੂ ਮਤ ਵਿਚ ਉਂਞ ਤਾਂ ੨੪ ਅਵਤਾਰਾਂ ਦਾ ਜ਼ਿਕਰ ਆਉਂਦਾ ਹੈ, ਪਰ ਅਸਲ ਵਿਚ ਦੋ ਹੀ ਉੱਘੇ ਅਵਤਾਰ ਹਨ ਜਿਨ੍ਹਾਂ ਨੂੰ ਸੁਣ ਵੇਖ ਕੇ ਮੂੰਹੋਂ ਵਾਹ ਵਾਹ ਨਿਕਲ ਸਕਦੀ ਹੈ ਤੇ ਉਹਨਾਂ ਦੇ ਕਾਦਰ ਕਰਤਾਰ ਦਾ ਚੇਤਾ ਪਿਆਰ ਨਾਲ ਆ ਸਕਦਾ ਹੈ । ਇਹ ਹਨ ਸ੍ਰੀ ਰਾਮ ਚੰਦਰ ਜੀ ਅਤੇ ਸ੍ਰੀ ਕ੍ਰਿਸ਼ਨ ਜੀ । ਇਹ

ਮਨੁੱਖਾਂ ਵਿਚ ਆ ਕੇ ਮਨੁੱਖਾਂ ਵਾਂਗ ਦੁੱਖ-ਸੁਖ ਸਹਾਰਦੇ ਰਹੇ ਤੇ ਇਨਸਾਨੀ ਦਿਲ ਦੇ ਤਾਊਸ ਦੀਆਂ ਪਿਆਰ-ਤਰਬਾਂ ਹਿਲਾਂਦੇ ਰਹੇ । ਇਹਨਾਂ ਦੋਹਾਂ ਵਿਚੋਂ ਭੀ ਕ੍ਰਿਸ਼ਨ ਜੀ ਦੇ ਜੀਵਨ ਵਿਚ ਪਿਆਰ ਦੇ ਕੌਤਕ ਵਧੀਕ ਮਿਲਦੇ ਹਨ । ਸ੍ਰੀ ਰਾਮ ਚੰਦਰ ਜੀ ਤਾਂ ਰਾਜ-ਮਹਲਾਂ ਵਿਚ ਜੰਮੇ ਪਲੇ ਤੇ ਮੁੜ ਭੀ ਇਹਨਾਂ ਰਾਜ ਹੀ ਕੀਤਾ । ਪਰ ਕ੍ਰਿਸ਼ਨ ਜੀ ਦਾ ਜਨਮ ਹੀ ਦੁੱਖਾਂ ਤੋਂ ਸ਼ੁਰੂ ਹੋਇਆ, ਗਰੀਬ ਗੁਆਲਿਆਂ ਵਿਚ ਪਲੇ, ਗੁਆਲਿਆਂ ਨਾਲ ਰਲ ਕੇ ਇਹਨਾਂ ਗਊਆਂ ਚਾਰੀਆਂ ਤੇ ਬੰਸਰੀ ਵਜਾਈ । ਗਰੀਬਾਂ ਨਾਲ ਰਲ ਕੇ ਰਚ-ਮਿਚ ਕੇ ਰਹਿਣ ਵਾਲਾ ਹੀ ਗਰੀਬਾਂ ਨੂੰ ਪਿਆਰਾ ਲੱਗ ਸਕਦਾ ਹੈ । ਫਿਰ, ਇਹ ਕ੍ਰਿਸ਼ਨ ਜੀ ਹੀ ਸਨ ਜਿਨ੍ਹਾਂ ਦਲੇਰ ਹੋ ਕੇ ਆਖਿਆ :—

ਵਿ ' ਵਿਨਯ ਸਪੰਨੇ ਬ੍ਰ੍ਾÌਣੇ ਗਵਿ ਹÔਤਨਿ ॥
_ਨਿ ਚੈਵ Óਵਪਾਕੇ ਚ, ਪਫ਼ਿਡਤਾ: ਸਮ ਦ੍ਰਿ_ਲ਼ਨ: ॥

ਕਿ ਵਿੱਦਵਾਨ ਬ੍ਰਾਹਮਣ, ਗਾਂ, ਹਾਥੀ, ਕੁੱਤੇ ਆਦਿਕ ਸਭਨਾਂ ਵਿਚ ਹੀ ਇਕੋ ਜੋਤ ਹੈ । ਗਰੀਬਾਂ ਵਿਚ ਪਲਿਆ, ਗਰੀਬਾਂ ਨਾਲ ਪਿਆਰ ਕਰਨ ਵਾਲਾ ਕੁਦਰਤੀ ਤੌਰ ਤੇ ਗਰੀਬਾਂ ਨੂੰ ਪਿਆਰਾ ਲੱਗਦਾ ਸੀ ਉਸ ਦੀ ਬੰਸਰੀ, ਉਸ ਦੀ ਕੰਬਲੀ, ਉਸ ਦਾ ਬਿੰਦ੍ਰਾਬਨ, ਗਰੀਬ ਸ਼ੂਦਰਾਂ ਲਈ "ਪਿਆਰ" ਦਾ ਚਿੰਨ੍ਹ ਬਣ ਗਏ; ਜਿਵੇਂ ਹਜ਼ਰਤ ਮੁਹੰਮਦ ਸਾਹਿਬ ਦੀ ਕੰਬਲੀ; ਜਿਵੇਂ ਨੀਵਿਆਂ ਤੋਂ ਉੱਚਾ ਕਰਨ ਵਾਲੇ ਬਲੀ ਮਰਦ ਪਾਤਿਸ਼ਾਹ ਦੀ ਕਲਗੀ ਤੇ ਬਾਜ ।

ਗਵਾਲਿਆਂ ਦੇ ਦਿਲ ਦੇ ਵਲਵਲੇ—

ਬ੍ਰਾਹਮਣ ਨੇ ਨੀਵੀਂ ਜਾਤ ਵਾਲਿਆਂ ਨੂੰ ਬੜੀ ਨਿਰਦਇਤਾ ਨਾਲ ਪੈਰਾਂ ਹੇਠ ਲਤਾੜਿਆ ਹੋਇਆ ਸੀ—ਇਹ ਗੱਲ ਕਿਹੜਾ ਭਾਰਤਵਾਸੀ ਨਹੀਂ ਜਾਣਦਾ? ਜੇ ਗਰੀਬ ਗੁਆਲੇ ਜਾਂ ਹੋਰ ਸ਼ੂਦਰ ਕਦੇ ਰੱਬੀ ਪਿਆਰ ਦੇ ਹੁਲਾਰੇ ਵਿਚ ਆਉਣ, ਤਾਂ ਉਸ ਪਿਆਰ ਨੂੰ ਅੱਖੀਂ ਦਿੱਸਦੇ ਕਿਹੜੇ ਸਰੂਪ ਵਿਚ ਬਿਆਨ ਕਰਨ? ਜਿਥੋਂ ਤੱਕ ਹਿੰਦੂ ਬਰਾਦਰੀ ਦਾ ਸੰਬੰਧ ਹੈ, ਭਾਰਤ ਵਿਚ ਗੁਰੂ ਨਾਨਕ ਪਾਤਿਸ਼ਾਹ ਤੋ ਪਹਿਲਾਂ ਆਪਣੇ ਜੁਗ ਵਿਚ ਇੱਕੋ ਇਕ ਪ੍ਰਸਿੱਧ ਪਿਆਰਾ ਆਇਆ ਸੀ ਜੋ ਗਰੀਬਾਂ ਤੇ ਸ਼ੂਦਰਾਂ ਨਾਲ ਰਲ ਕੇ ਬੈਠਿਆ ਸੀ । ਇਹ ਸੀ ਸ੍ਰੀ ਕ੍ਰਿਸ਼ਨ ਜੀ; ਭਾਵੇਂ ਇਸ ਨੂੰ ਭੀ ਸਮਾਂ ਪਾ ਕੇ ਬ੍ਰਾਹਮਣਾਂ ਨੇ ਮੰਦਰਾਂ ਵਿਚ ਬੰਦ ਕਰ ਕੇ ਗਰੀਬਾਂ ਤੇ ਸ਼ੂਦਰਾਂ ਤੋਂ ਖੋਹ ਲਿਆ । ਜਿਉਂ ਜਿਉਂ ਗਹੁ ਨਾਲ ਇਸ ਸ਼ਬਦ ਨੂੰ ਪੜ੍ਹੋਗੇ, ਇਉਂ ਜਾਪੇਗਾ ਜਿਵੇਂ ਉਹਨਾਂ ਗਰੀਬ ਗੁਆਲਿਆਂ ਦੇ ਦਿਲ ਦੇ ਵਲਵਲੇ ਨਾਮਦੇਵ ਜੀ ਜ਼ਾਹਰ ਕਰ ਰਹੇ ਹਨ; ਗੁਆਲਿਆਂ ਵੱਲੋਂ ਹੋ ਕੇ ਗੁਆਲਿਆਂ ਦਾ ਦਿਲ ਖੋਲ੍ਹ ਰਹੇ ਹਨ, ਉਸੇ ਤਰ੍ਹਾਂ ਜਿਵੇਂ ਇਕ ਵਾਰ ਰੱਬ ਵਲੋਂ ਹੋ ਕੇ ਇਹ ਕਹਿਣ ਲੱਗ ਪਏ ਸਨ :—

ਦਾਸੁ ਅਨਿੰਨ ਮੇਰੋ ਨਿਜ ਰੂਪ ॥ ...
ਮੇਰੀ ਬਾਂਧੀ ਭਗਤੁ ਛਡਾਵੈ, ਬਾਂਧੈ ਭਗਤੁ ਨ ਛੂਟੈ ਮੋਹਿ ॥...

ਸੋ, 'ਪਿਆਰ' ਨੂੰ ਸਾਕਾਰ ਸਰੂਪ ਵਿਚ ਬਿਆਨ ਕਰਨ ਲਈ ਕ੍ਰਿਸ਼ਨ ਜੀ ਦੀ ਬੰਸਰੀ ਤੇ ਕੰਬਲੀ ਦਾ ਜ਼ਿਕਰ ਆਉਣਾ ਇਨਸਾਨੀ ਸੁਭਾਵ ਲਈ ਇਕ ਸਾਧਾਰਨ ਕੁਦਰਤੀ ਗੱਲ ਹੈ । ਭਾਈ ਗੁਰਦਾਸ ਜੀ ਨੇ ਤਾਂ ਲੇਲਾ ਮਜਨੂੰ, ਹੀਰ ਰਾਂਝੇ, ਸੱਸੀ ਪੁੰਨੂੰ ਨੂੰ ਭੀ ਇਸ ਰੰਗ-ਭੂਮੀ ਵਿਚ ਲੈ ਆਂਦਾ ਹੈ ।

ਭੁਲੇਖਾ ਨਾਹ ਖਾਣਾ—

ਬੱਸ! ਇਸ ਸ਼ਬਦ ਵਿਚ ਇਸੇ ਉੱਚੇ ਕੁਦਰਤੀ ਵਲਵਲੇ ਦਾ ਪਰਕਾਸ਼ ਹੈ । ਪਰ ਕਿਤੇ ਕੋਈ ਸੱਜਣ ਇਸ ਭੁਲੇਖੇ ਵਿਚ ਨਾ ਪੈ ਜਾਏ ਕਿ ਨਾਮਦੇਵ ਜੀ ਕਿਸੇ ਕ੍ਰਿਸ਼ਨ-ਅਵਤਾਰ ਜਾਂ ਬੀਠੁਲ-ਮੂਰਤੀ ਦੇ ਪੁਜਾਰੀ ਸਨ, ਇਸ ਭਰਮ ਨੂੰ ਦੂਰ ਕਰਨ ਲਈ ਭਗਤ ਜੀ ਆਪ ਹੀ ਇਸੇ ਸ਼ਬਦ ਵਿਚ ਲਫ਼ਜ਼ 'ਰਾਮ', 'ਰਾਮਈਆ' ਤੇ 'ਨਾਰਾਇਣ' ਭੀ ਵਰਤਦੇ ਹਨ ਅਤੇ ਦੱਸਦੇ ਹਨ ਕਿ ਸਾਡਾ ਪ੍ਰੀਤਮ ਸੁਆਮੀ (ਉਸ ਨੂੰ 'ਰਾਮ' ਕਹਿ ਲਵੋ, 'ਕ੍ਰਿਸ਼ਨ' ਕਹਿ ਲਵੋ, ਚਾਹੇ 'ਨਾਰਾਇਣ' ਕਹਿ ਲਵੋ) ਕ੍ਰਿਸ਼ਨ-ਰੂਪ ਵਿਚ ਆਇਆ, ਗਰੀਬ ਗੁਆਲਿਆਂ ਨਾਲ ਖੇਡਦਾ ਰਿਹਾ, ਉਹਨਾਂ ਨਾਲ ਰਲ ਕੇ ਬੰਸਰੀ ਵਜਾਂਦਾ ਰਿਹਾ ਤੇ ਗਾਈਆਂ ਚਾਰਦਾ ਰਿਹਾ । ਉੱਚੀ ਜਾਤ ਦੇ ਲੋਕ ਨਾਮਦੇਵ ਜੀ ਦੇ ਇਸ ਵਲਵਲੇ ਦੀ ਕੀਹ ਸਾਰ ਜਾਣਨ? ਆਪਣੇ ਇਸ਼ਟ ਪ੍ਰਭੂ ਪਰਮਾਤਮਾ ਨੂੰ ਲਫ਼ਜ਼ 'ਰਾਮ' ਰਮਈਆ, ਗੋਬਿੰਦ, ਹਰੀ, ਨਾਰਾਇਣ ਨਾਲ ਯਾਦ ਕਰਨ ਵਾਲਾ ਨਾਮਦੇਵ ਜਦੋਂ ਉੱਚੀ ਜਾਤਿ ਵਾਲਿਆਂ ਵਲੋਂ ਹੋਈ ਨਿਰਾਦਰੀ ਦਾ ਗਿਲਾ ਕਰਦਾ ਹੈ ਤਾਂ ਆਪਣੇ 'ਸੁਆਮੀ' ਨੂੰ 'ਜਾਦਮ ਰਾਇਆ' ਆਖਦਾ ਹੈ ਕਿਉਂ? ਇਸ ਵਾਸਤੇ ਕਿ ਜਾਦਵਾਂ ਦੀ ਕੁਲ ਵਿਚ ਆ ਕੇ ਜਾਦਵਾਂ ਦਾ ਨਾਥ ਬਣ ਕੇ 'ਜਾਦਮ ਰਾਇਆ' ਬਣ ਕੇ ਉਸ ਨੇ ਨੀਵਿਆਂ ਨਾਲ ਪਿਆਰ ਕੀਤਾ ਸੀ; ਕਹਿੰਦਾ ਹੈ :—

ਹੀਨੜੀ ਜਾਤਿ ਮੇਰੀ, ਜਾਦਮ ਰਾਇਆ ॥
ਛੀਪੇ ਕੇ ਜਨਮਿ ਕਾਹੇ ਕਉ ਆਇਆ ॥ {ਭੈਰਉ ਨਾਮਦੇਵ, ਪੰਨਾ ੧੧੬੪

ਰਾਮ ਅਵਤਾਰ ਭਗਤੀ ਦਾ ਭੁਲੇਖਾ—

(੪) ਬਾਨਾਰਸੀ ਤਪੁ ਕਰੈ ਉਲਟਿ, ਤੀਰਥ ਮਰੈ, ਅਗਨਿ ਦਹੈ, ਕਾਇਆ ਕਲਪੁ ਕੀਜੈ ॥ ਅਸੁਮੇਧ ਜਗੁ ਕੀਜੈ, ਸੋਨਾ ਗਰਭਦਾਨੁ ਦੀਜੈ, ਰਾਮ ਨਾਮ ਸਰਿ ਤਊ ਨ ਪੂਜੈ ॥੧॥ ਛੋਡਿ ਛੋਡਿ ਰੇ ਪਾਖੰਡੀ ਮਨ ਕਪਟੁ ਨ ਕੀਜੈ ॥ ਹਰਿ ਕਾ ਨਾਮੁ ਨਿਤ ਨਿਤਹਿ ਲੀਜੈ ॥੧॥ਰਹਾਉ॥... ਮਨਹਿ ਨ ਕੀਜੈ ਰੋਸੁ, ਜਮਹਿ ਨ ਦੀਜੈ ਦੋਸੁ, ਨਿਰਮਲ ਨਿਰਬਾਣ ਪਦੁ ਚੀਨਿ੍ ਲੀਜੈ ॥ ਜਸਰਥ ਰਾਇ ਨੰਦੁ ਰਾਜਾ ਮੇਰਾ ਰਾਮਚੰਦੁ, ਪ੍ਰਣਵੈ ਨਾਮਾ, ਤਤੁ ਰਸੁ ਅੰਮ੍ਰਿਤੁ ਪੀਜੈ ॥੪॥੪॥ {ਰਾਮਕਲੀ ਘਰੁ ੨, ਪੰਨਾ ੯੭੩

ਇਥੇ ਅਵਤਾਰ-ਪੂਜਾ ਨਹੀਂ—

ਕਈ ਸੱਜਣਾਂ ਨੂੰ ਅਖ਼ੀਰਲੀ ਤੁਕ ਅਵਤਾਰ-ਪੂਜਾ ਦਾ ਭੁਲੇਖਾ ਪਾ ਦੇਂਦੀ ਹੈ । ਪਰ, ਆਓ, ਗਹੁ ਨਾਲ ਵਿਚਾਰੀਏ ।

'ਰਹਾਉ' ਦੀ ਤੁਕ ਵਿਚ ਜ਼ਿਕਰ ਹੈ ਕਿ ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਬਾਕੀ ਹੋਰ ਧਾਰਮਿਕ ਆਹਰ ਪਖੰਡ ਹੀ ਹਨ । ਇਹ ਹੈ ਸ਼ਬਦ ਦਾ ਬੀਜ-ਰੂਪ

ਭਾਵ । ਇਸ ਦਾ ਵਿਸਥਾਰ ਚਾਰ ਬੰਦਾਂ ਵਿਚ ਹੈ । ਪਹਿਲੇ ਤਿੰਨ ਬੰਦਾਂ ਵਿਚ ਤਾਂ ਸਾਫ਼ ਤੌਰ ਤੇ ਉਹਨਾਂ ਕੰਮਾਂ ਦਾ ਜ਼ਿਕਰ ਹੈ ਜਿਨ੍ਹਾਂ ਨੂੰ ਲੋਕ ਧਾਰਮਿਕ ਸਮਝਦੇ ਹਨ; ਪਰ ਜੋ ਭਗਤ ਜੀ ਦੇ ਖ਼ਿਆਲ ਵਿਚ ਸਿਮਰਨ ਦੇ ਟਾਕਰੇ ਤੇ ਨਿਰਾ ਪਖੰਡ ਹਨ । ਅਖ਼ੀਰ ਤੇ ਆਖਦੇ ਹਨ ਕਿ ਜੇ ਤੁਸੀ ਅਜਿਹੇ ਕੰਮ ਹੀ ਕਰਦੇ ਰਹੇ ਤਾਂ ਜਮਾਂ ਤੋਂ ਖ਼ਲਾਸੀ ਨਹੀਂ ਹੋਣੀ, ਫਿਰ ਇਹ ਗਿਲਾ ਨਾ ਕਰਨਾ ਕਿ ਜਮ ਸਿਰ ਉੱਤੇ ਹੀ ਰਿਹਾ ।

ਜਸਰਥ ਰਾਇ ਨੰਦੁ—

ਪਰ ਚੌਥੇ ਪਦ ਵਿਚ ਅਚਨਚੇਤ ਰਾਜਾ ਜਸਰਥ ਦੇ ਪੁੱਤਰ ਸ੍ਰੀ ਰਾਮਚੰਦਰ ਜੀ ਦਾ ਨਾਮ ਆ ਜਾਣਾ ਹੈਰਾਨੀ ਵਿਚ ਪਾ ਦੇਂਦਾ ਹੈ । ਕਈ ਸੱਜਣ ਅਰਥ ਕਰਦੇ ਹਨ—"ਰਾਜਾ ਜਸਰਥ ਦੇ ਪੁੱਤਰ ਦਾ ਰਾਜਾ" । ਇਹ ਅਰਥ ਗ਼ਲਤ ਹੈ । ਲਫ਼ਜ਼ "ਨੰਦੁ ਰਾਜਾ" ਦਾ ਅਰਥ "ਨੰਦ ਦਾ ਰਾਜਾ" ਨਹੀਂ ਹੋ ਸਕਦਾ, ਕਿਉਂਕਿ ਲਫ਼ਜ਼ "ਨੰਦ" ਦੇ ਅਖ਼ੀਰ ਵਿਚ (ੁ) ਹੈ {ਵੇਖੋ 'ਗੁਰਬਾਣੀ ਵਿਆਕਰਣ'} । ਕਈ ਸੱਜਣ ਸਮਝਦੇ ਹਨ ਕਿ ਸ੍ਰੀ ਰਾਮ ਚੰਦਰ ਜੀ ਨੇ ਵੱਡੇ ਵੱਡੇ ਕੰਮ ਕੀਤੇ ਹਨ, ਇਸ ਵਾਸਤੇ ਇਹਨਾਂ ਕੰਮਾਂ ਨੂੰ ਪਰਮਾਤਮਾ ਦੇ ਕੰਮ ਦੱਸ ਕੇ ਲਫ਼ਜ਼ "ਰਾਮਚੰਦੁ" ਨੂੰ ਪਰਮਾਤਮਾ ਵਾਸਤੇ ਵਰਤਿਆ ਹੈ । ਇਹ ਖ਼ਿਆਲ ਭੀ ਕੱਚਾ ਹੈ । ਸਾਹਿਬ ਆਖਦੇ ਹਨ "ਰਾਵਣੁ ਮਾਰਿ ਕਿਆ ਵਡਾ ਭਇਆ"; ਬਾਣੀ ਵਿਚ ਪਰਸਪਰ ਵਿਰੋਧ ਨਹੀਂ ਹੋ ਸਕਦਾ । ਜੇ ਭਗਤ ਜੀ ਸ੍ਰੀ ਰਾਮ ਚੰਦਰ ਜੀ ਦੇ ਵੱਡੇ ਵੱਡੇ ਕੰਮਾਂ ਦਾ ਖ਼ਿਆਲ ਕਰ ਕੇ ਉਹਨਾਂ ਨੂੰ ਪਰਮਾਤਮਾ ਦੀ ਤੁਲਨਾ ਹੀ ਦੇ ਰਹੇ ਸਨ, ਤਾਂ ਇਸ ਗੱਲ ਦੀ ਕੀਹ ਲੋੜ ਸੀ ਕਿ ਉਹਨਾਂ ਦੇ ਪਿਤਾ ਦਾ ਨਾਮ ਭੀ ਦੱਸਿਆ ਜਾਂਦਾ? ਜੇ ਸ੍ਰੀ ਰਾਮ ਚੰਦਰ ਬਹੁਤੇ ਹੁੰਦੇ ਤਾਂ ਭੁਲੇਖਾ ਪੈਣ ਦੀ ਗੁੰਜੈਸ਼ ਭੀ ਹੋ ਸਕਦੀ ਸੀ । ਕ੍ਰਿਸ਼ਨ, ਦਮੋਦਰ, ਮਾਧੋ, ਮੁਰਾਰਿ, ਰਾਮ, ਰਾਮਚੰਦ, ਆਦਿਕ ਲਫ਼ਜ਼ ਭਗਤਾਂ ਨੇ ਤੇ ਸਤਿਗੁਰੂ ਜੀ ਨੇ ਭੀ ਸੈਂਕੜੇ ਵਾਰ ਪਰਮਾਤਮਾ ਵਾਸਤੇ ਵਰਤੇ ਹਨ । ਪਰ ਜਦੋਂ ਕਿਸੇ ਦੇ ਪਿਤਾ ਦਾ ਨਾਮ ਭੀ ਨਾਲ ਦਿੱਤਾ ਜਾਏ, ਤਾਂ ਉਸ ਵੇਲੇ ਉਸ ਨਾਮ ਨੂੰ ਪਰਮਾਤਮਾ ਵਾਸਤੇ ਨਹੀਂ ਵਰਤਿਆ ਜਾ ਸਕਦਾ । ਫਿਰ ਤਾਂ ਕਿਸੇ ਖ਼ਾਸ ਵਿਅਕਤੀ ਦਾ ਜ਼ਿਕਰ ਹੀ ਹੋ ਸਕਦਾ ਹੈ ।

ਅਸਲ ਗੱਲ—

ਅਸਲ ਗੱਲ ਇਹ ਹੈ ਕਿ ਜਿਵੇਂ ਤਿੰਨ ਬੰਦਾਂ ਵਿਚ ਤਪ, ਜੱਗ, ਤੀਰਥ-ਇਸ਼ਨਾਨ ਅਤੇ ਦਾਨ ਨੂੰ ਨਾਮ ਦੇ ਟਾਕਰੇ ਤੇ ਇਕ ਹੌਲਾ ਜਿਹਾ ਕੰਮ ਦੱਸਿਆ ਹੈ, ਤਿਵੇਂ ਹੀ ਕਿਸੇ ਅਵਤਾਰ ਦੀ ਮੂਰਤੀ ਨੂੰ ਪੂਜਣਾ ਭੀ ਪਰਮਾਤਮਾ ਦਾ ਨਾਮ ਸਿਮਰਨ ਦੇ ਸਾਹਮਣੇ ਇਕ ਬੜਾ ਹੀ ਹੌਲਾ ਕੰਮ ਦੱਸਿਆ ਹੈ ।

ਅਰਥ :—(ਹੇ ਜਿੰਦੇ! ਜੇ ਸਦਾ ਅਜਿਹੇ ਕੰਮ ਹੀ ਕਰਦੇ ਰਹਿਣਾ ਹੈ ਤੇ ਨਾਮ ਨਹੀਂ ਸਿਮਰਨਾ ਤਾਂ ਫਿਰ) ਮਨ ਵਿਚ ਗਿਲਾ ਨਾ ਕਰਨਾ, ਜਮ ਨੂੰ ਦੋਸ਼ ਨਾ ਦੇਣਾ (ਕਿ ਉਹ ਕਿਉਂ ਆ ਗਿਆ ਹੈ, ਇਹਨੀਂ ਕੰਮੀਂ ਜਮ ਨੇ ਖ਼ਲਾਸੀ ਨਹੀਂ ਕਰਨੀ); ਹੇ ਜਿੰਦੇ! ਪਵਿੱਤਰ ਵਾਸ਼ਨਾ-ਰਹਿਤ ਅਵਸਥਾ ਨਾਲ ਜਾਣ-ਪਛਾਣ ਪਾ । ਨਾਮਦੇਵ ਬੇਨਤੀ ਕਰਦਾ ਹੈ (ਸਭ ਰਸਾਂ ਦਾ) ਮੂਲ-ਰਸ ਨਾਮ-ਅੰਮ੍ਰਿਤ ਹੀ ਪੀਣਾ ਚਾਹੀਦਾ ਹੈ, ਇਹ ਨਾਮ-ਅੰਮ੍ਰਿਤ ਹੀ ਮੇਰਾ (ਨਾਮਦੇਵ ਦਾ) ਰਾਜਾ ਰਾਮ ਚੰਦਰ ਹੈ, ਜੋ ਰਾਜਾ ਦਸਰਥ ਦਾ ਪੁੱਤਰ ਹੈ ।

ਵਿਰੋਧੀ ਸੱਜਣ ਦਾ ਇਤਰਾਜ਼—

ਨੋਟ :—ਇਸ ਸ਼ਬਦ ਦਾ ਹਵਾਲਾ ਦੇ ਕੇ ਭਗਤ-ਬਾਣੀ ਦਾ ਵਿਰੋਧੀ ਸੱਜਣ ਲਿਖਦਾ ਹੈ ਕਿ ਭਗਤ ਨਾਮਦੇਵ ਜੀ ਕਿਸੇ ਸਮੇ ਸ੍ਰੀ ਰਾਮ ਚੰਦਰ ਜੀ ਦੇ ਉਪਾਸ਼ਕ ਰਹੇ ਹਨ, ਫਿਰ ਕ੍ਰਿਸ਼ਨ-ਉਪਾਸ਼ਨਾ ਵੱਲ ਜੁੱਟ ਪਏ । ਵਿਰੋਧੀ ਸੱਜਣ ਲਿਖਦਾ ਹੈ :—

"ਪੁਰਾਣੇ ਸਮੇ ਤੋਂ ਇਹ ਰਿਵਾਜ ਚਲਿਆ ਆਉਂਦਾ ਹੈ ਕਿ ਜੋ ਰਾਮਚੰਦਰ ਜੀ ਦਾ ਉਪਾਸ਼ਕ ਹੈ ਉਹ ਕ੍ਰਿਸ਼ਨ ਜੀ ਦਾ ਭਗਤ ਨਹੀਂ ਹੋ ਸਕਦਾ, ਜੋ ਕ੍ਰਿਸ਼ਨ ਜੀ ਦਾ ਹੋਊ ਉਹ ਰਾਮ ਚੰਦਰ ਜੀ ਦਾ ਉਪਾਸ਼ਕ ਨਹੀਂ ਬਣ ਸਕਦਾ । ਇਸੇ ਕਰਕੇ 'ਰਾਧੇ ਕ੍ਰਿਸ਼ਨ' ਅਤੇ 'ਸੀਤਾ ਰਾਮ' ਜਾਪ ਵਾਲੇ ਆਪਸ ਵਿਚ ਹੀ ਈਰਖਾ-ਵਿਰੋਧ ਰੱਖਦੇ ਹਨ । ਭਗਤ ਨਾਮਦੇਵ ਜੀ ਨੇ 'ਸੀਤਾ ਰਾਮ' ਛੱਡਣ ਵੇਲੇ ਸ੍ਰੀ ਰਾਮਚੰਦਰ ਜੀ ਦੀ ਨਿਰਾਦਰੀ ਵਿਚ ਬਹੁਤ ਕਰਕੇ ਸ਼ਬਦ ਵਰਤੇ ਹਨ "ਪਾਂਡੇ ਤੁਮਰਾ ਰਾਮਚੰਦ, ਸੋ ਭੀ ਆਵਤ ਦੇਖਿਆ ਥਾ । ਰਾਵਨ ਸੇਤੀ ਸਰਬਰ ਹੋਈ ਘਰ ਕੀ ਜੋਇ ਗਵਾਈ ਥੀ ।" ਦੇਖੀਏ! ਕੈਸਾ ਕਰੜਾ ਮੇਹਣਾ ਹੈ! ਪਰ ਕ੍ਰਿਸ਼ਨ ਜੀ ਦੇ ਜੀਵਨ ਪਰ ਰੰਚਕ ਮਾਤ੍ਰ ਭੀ ਟੀਕਾ-ਟਿੱਪਣੀ ਨਹੀਂ ਕੀਤੀ । ਇਹ ਇਕ-ਪੱਖੀ ਬਾਤ ਹੈ ।"

ਜਿਥੋਂ ਤੱਕ ਤਾਂ ਭਗਤ ਨਾਮਦੇਵ ਜੀ ਦੇ ਸ੍ਰੀ ਰਾਮ-ਉਪਾਸ਼ਕ ਹੋਣ ਦਾ ਭੁਲੇਖਾ ਹੈ, ਉਸ ਬਾਰੇ ਅਸਾਂ ਖੁਲ੍ਹੀ ਵਿਚਾਰ ਉੱਪਰ ਇਸੇ ਅੰਕ ਵਿਚ ਕਰ ਦਿੱਤੀ ਹੈ । ਭਗਤ ਜੀ ਦੀ ਬਾਣੀ ਵਿਚੋਂ ਕਿਤੇ ਭੀ ਸਿੱਧ ਨਹੀਂ ਹੁੰਦਾ ਕਿ ਉਹ ਕਿਸੇ ਸਮੇ ਸ੍ਰੀ ਰਾਮਚੰਦਰ ਜੀ ਦੇ ਪੁਜਾਰੀ ਸਨ ।

ਵੇਖੋ ਗੌਂਡ ਰਾਗ ਦਾ ਸਤਵਾਂ ਸ਼ਬਦ—

ਵਿਰੋਧੀ ਸੱਜਣ ਨੇ ਜੋ "ਕਰੜੇ ਮੇਹਣੇ" ਵਾਲੀ ਗੱਲ ਲਿਖੀ ਹੈ, ਉਹ ਭੀ ਨਿਰਮੂਲ ਹੈ । ਇਹ ਤੁਕਾਂ ਭਗਤ ਨਾਮਦੇਵ ਜੀ ਦੇ ਗੌਂਡ ਰਾਗ ਵਿਚ ਦਿੱਤੇ ਅਖ਼ੀਰਲੇ ਸਤਵੇਂ ਸ਼ਬਦ ਵਿਚੋਂ ਹਨ । ਉਸ ਸ਼ਬਦ ਦੀ ਪਹਿਲੀ ਤੁਕ ਹੈ "ਆਜੁ ਨਾਮੇ ਬੀਠਲੁ ਦੇਖਿਆ, ਮੂਰਖ ਕਉ ਸਮਝਾਊ ਰੇ" ਪਾਠਕ ਸੱਜਣ ਉਸ ਸ਼ਬਦ ਬਾਰੇ ਕੀਤੀ ਸਾਡੀ ਵਿਚਾਰ ਉਸ ਸ਼ਬਦ ਵਿਚ ਹੀ ਪੜ੍ਹਨ ਦੀ ਖੇਚਲ ਕਰਨ । ਇਥੇ ਉਸ ਵਿਚਾਰ ਨੂੰ ਦੁਹਰਾਇਆਂ ਇਹ ਲੇਖ ਬਹੁਤ ਲੰਮਾ ਹੋ ਜਾਇਗਾ ।

ਟੀਕਾ-ਟਿੱਪਣੀ ਦੀ ਗੱਲ—

ਵਿਰੋਧੀ ਸੱਜਣ ਜੀ ਨੇ ਲਿਖਿਆ ਹੈ ਕਿ "ਭਗਤ ਨਾਮਦੇਵ ਜੀ ਨੇ ਕ੍ਰਿਸ਼ਨ ਜੀ ਦੇ ਜੀਵਨ ਪਰ ਰੰਚਕ-ਮਾਤ੍ਰ ਭੀ ਟੀਕਾ-ਟਿੱਪਣੀ ਨਹੀਂ ਕੀਤੀ" । ਇਸ ਸੰਬੰਧ ਵਿਚ ਬੇਨਤੀ ਹੈ ਕਿ ਭਗਤ ਜੀ ਨੇ ਤਾਂ ਕਿਸੇ ਭੀ ਅਵਤਾਰ ਦੇ ਜੀਵਨ ਬਾਰੇ ਆਪਣੇ ਵਲੋਂ ਕੋਈ ਟੀਕਾ-ਟਿੱਪਣੀ ਨਹੀਂ ਕੀਤੀ । ਉਹਨਾਂ ਤਾਂ ਗਾਇਤ੍ਰੀ, ਮਹਾਦੇਵ ਅਤੇ ਸ੍ਰੀ ਰਾਮਚੰਦਰ ਜੀ ਦੇ ਆਪਣੇ ਹੀ ਉਪਾਸ਼ਕਾਂ ਵਲੋਂ ਲਿਖੇ ਹੋਏ ਅਸ਼ਰਧਾ ਪੈਦਾ ਕਰਨ ਵਾਲੇ ਖ਼ਿਆਲਾਂ ਦਾ ਹਵਾਲਾ ਦੇ ਕੇ ਆਖਿਆ ਹੈ ਕਿ ਪੂਜਾ ਭੀ ਕਰਦੇ ਹੋ ਤੇ ਸ਼ੱਕ ਭੀ ਕਰਦੇ ਹੋ; ਇਸ ਦਾ ਨਾਮ ਭਗਤੀ ਨਹੀਂ ਹੈ । ਜੇ ਸ੍ਰੀ ਕ੍ਰਿਸ਼ਨ ਜੀ ਦੇ ਉਪਾਸ਼ਕਾਂ ਨੇ ਸ੍ਰੀ ਕ੍ਰਿਸ਼ਨ ਜੀ ਉੱਤੇ ਭੀ ਕੋਈ ਉਹੋ ਜਿਹੇ ਦੂਸ਼ਣ ਲਾਏ ਹੁੰਦੇ, ਤਾਂ ਭਗਤ ਨਾਮਦੇਵ ਜੀ ਉਹਨਾਂ ਦਾ ਭੀ ਜ਼ਿਕਰ ਕਰ ਦੇਂਦੇ ।

ਪਾਠਕ ਸੱਜਣ ਗੌਂਡ ਰਾਗ ਦੇ ਅਖ਼ੀਰਲੇ ਸ਼ਬਦ ਬਾਰੇ ਮੇਰੀ ਲਿਖੀ ਵਿਚਾਰ ਨੂੰ ਇਸ ਮਜ਼ਮੂਨ ਦੇ ਨਾਲ ਹੀ ਪੜ੍ਹਨ ਦੀ ਕਿਰਪਾ ਕਰਨ ।

ਵਿਸ਼ਨੂ-ਭਗਤੀ ਦਾ ਭੁਲੇਖਾ—

(੫) ਮਾਰੂ ਨਾਮਦੇਵ ਜੀ ॥

ਚਾਰਿ ਮੁਕਤਿ ਚਾਰੈ ਸਿਧਿ ਮਿਲਿ ਕੈ, ਦੂਲਹ ਪ੍ਰਭ ਕੀ ਸਰਨਿ ਪਰਿਓ ॥ ਮੁਕਤਿ ਭਇਓ ਚਉਹੂੰ ਜੁਗ ਜਾਨਿਓ, ਜਸੁ ਕੀਰਤਿ ਮਾਥੈ ਛਤ੍ਰੁ ਧਰਿਓ ॥੧॥ ਰਾਜਾ ਰਾਮ ਜਪਤ ਕੋ ਕੋ ਨ ਤਰਿਓ ॥ ਗੁਰ ਉਪਦੇਸਿ ਸਾਧ ਕੀ ਸੰਗਤਿ, ਭਗਤੁ ਭਗਤੁ ਤਾ ਕੋ ਨਾਮੁ ਪਰਿਓ ॥੧॥ਰਹਾਉ॥ ਸੰਖ ਚਕ੍ਰ ਮਾਲਾ ਤਿਲਕੁ ਬਿਰਾਜਿਤ, ਦੇਖਿ ਪ੍ਰਤਾਪੁ ਜਮੁ ਡਰਿਓ ॥ ਨਿਰਭਉ ਭਏ ਰਾਮ ਬਲ ਗਰਜਿਤ, ਜਨਮ ਮਰਨ ਸੰਤਾਪ ਹਿਰਿਓ ॥੨॥ ਅੰਬਰੀਕ ਕਉ ਦੀਓ ਅਭੈਪਦੁ ਰਾਜੁ ਭਭੀਖਨ ਅਧਿਕ ਕਰਿਓ...॥੩॥ ਭਗਤ ਹੇਤਿ ਮਾਰਿਓ ਹਰਨਾਖਸੁ, ਨਰਸਿੰਘ ਰੂਪ ਹੋਇ ਦੇਹ ਧਰਿਓ ॥ ਨਾਮਾ ਕਹੈ ਭਗਤਿ ਬਸਿ ਕੇਸਵ, ਅਜਹੂੰ ਬਲਿ ਕੇ ਦੁਆਰ ਖਰੋ ॥੪॥੧॥

ਇੱਥੇ ਲਫ਼ਜ਼ "ਸੰਖ ਚੱਕ੍ਰ ਮਾਲਾ ਤਿਲਕੁ" ਤੋਂ ਇਹ ਭੁਲੇਖਾ ਪੈ ਸਕਦਾ ਹੈ ਕਿ ਨਾਮਦੇਵ ਜੀ ਵਿਸ਼ਨੂੰ-ਮੂਰਤੀ ਦੇ ਪੁਜਾਰੀ ਸਨ । ਰਤਾ ਗਹੁ ਨਾਲ ਵਿਚਾਰੀਏ ।

ਮਨੁੱਖਤਾ ਦੀ ਪ੍ਰੇਰਨਾ ਵਾਸਤੇ—

ਸ਼ਬਦ ਦਾ ਮੁੱਖ-ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ । ਸ਼ਬਦ ਵਿਚ ਨਾਮਦੇਵ ਜੀ ਬੰਦਗੀ ਕਰਨ ਵਾਲੇ ਦੀ ਵਡਿਆਈ ਬਿਆਨ ਕਰਦੇ ਹਨ, 'ਰਹਾਉ' ਦੀ ਤੁਕ ਵਿਚ ਇਹੀ ਕੇਂਦਰੀ ਖ਼ਿਆਲ ਹੈ । ਨਾਮਦੇਵ ਜੀ ਹਿੰਦੂ ਜਾਤੀ ਵਿਚ ਜੰਮੇ-ਪਲੇ ਸਨ । ਹਿੰਦੂਆਂ ਵਿਚ ਇੱਕ ਪ੍ਰਭੂ ਦੀ ਭਗਤੀ ਦਾ ਪਰਚਾਰ ਕਰਨ ਲੱਗਿਆਂ, ਪਰਚਾਰ ਦਾ ਪ੍ਰਭਾਵ ਪਾਣ ਲਈ ਨਾਮਦੇਵ ਜੀ ਉਹਨਾਂ ਹਿੰਦੂ ਭਗਤਾਂ ਦਾ ਹੀ ਜ਼ਿਕਰ ਕਰ ਸਕਦੇ ਸਨ, ਜਿਨ੍ਹਾਂ ਦੀਆਂ ਸਾਖੀਆਂ ਪੁਰਾਣਾਂ ਵਿਚ ਆਈਆਂ ਤੇ ਜੋ ਆਮ ਲੋਕਾਂ ਵਿਚ ਪਰਸਿੱਧ ਸਨ । ਅੰਬਰੀਕ, ਸੁਦਾਮਾ, ਪ੍ਰਹਿਲਾਦ, ਦ੍ਰੋਪਤੀ, ਅਹੱਲਿਆ, ਭਭੀਖਣ, ਬਲਿ, ਧ੍ਰੂ, ਗਜ—ਆਮ ਤੌਰ ਤੇ ਇਹਨਾਂ ਬਾਰੇ ਹੀ ਸਾਖੀਆਂ ਪਰਸਿੱਧ ਸਨ ਤੇ ਹਨ । ਗੁਰੂ ਤੇਗ਼ ਬਹਾਦਰ ਸਾਹਿਬ ਪੂਰਬ ਦੇਸ ਵਿਚ ਜਾ ਕੇ ਹਿੰਦੂ ਜਨਤਾ ਵਿਚ ਪਰਚਾਰ ਕਰਨ ਵੇਲੇ ਭੀ ਇਹਨਾਂ ਹੀ ਸਾਖੀਆਂ ਦਾ ਹਵਾਲਾ ਦੇਂਦੇ ਰਹੇ । ਵੇਰਵੇ ਵਿਚ ਗਿਆਂ ਇਹ ਸਾਖੀਆਂ ਸਿੱਖ-ਧਰਮ ਦੇ ਅਨੁਸਾਰ ਹਨ ਜਾਂ ਨਹੀਂ—ਇਸ ਗੱਲ ਦੇ ਛੇੜਨ ਦੀ ਉਹਨਾਂ ਨੂੰ ਲੋੜ ਨਹੀਂ ਸੀ ਪਈ । ਕੁਰਾਹੇ ਪਏ, ਵਿਕਾਰਾਂ ਵਿਚ ਡਿੱਗਦੇ ਬੰਦਿਆਂ ਨੂੰ ਤੇ ਜਾਬਰ ਮੁਗ਼ਲ-ਹਕੂਮਤ ਤੋਂ ਸਹਿਮੇ ਹੋਏ ਲੋਕਾਂ ਨੂੰ ਉਹਨਾਂ ਦੇ ਆਪਣੇ ਘਰ ਵਿਚੋਂ ਹੀ ਪਰਸਿੱਧ ਭਗਤਾਂ ਦੇ ਨਾਮ ਸੁਣਾ ਕੇ ਮਨੁੱਖਤਾ ਦੀ ਪ੍ਰੇਰਨਾ ਕੀਤੀ ਜਾ ਸਕਦੀ ਸੀ ।

ਜੇ ਸਤਿਗੁਰੂ ਜੀ ਨੇ ਕਿਸੇ ਜੋਗੀ ਨੂੰ ਇਹ ਆਖਿਆ ਕਿ—

"ਚਾਰਿ ਪੁਕਾਰਹਿ ਨਾ ਤੂ ਮਾਨਹਿ ॥ ਖਟੁ ਭੀ ਏਕਾ ਬਾਤ ਬਖਾਨਹਿ ॥ ਦਸ ਅਸਟੀ ਮਿਲਿ ਏਕੋ ਕਹਿਆ ॥ ਤਾ ਭੀ ਜੋਗੀ ਭੇਦੁ ਨ ਲਹਿਆ ॥"

ਇਸ ਦਾ ਇਹ ਭਾਵ ਨਹੀਂ ਹੈ ਕਿ ਸਤਿਗੁਰੂ ਜੀ ਆਪ ਭੀ ਵੇਦਾਂ ਸ਼ਾਸਤ੍ਰਾਂ ਤੇ ਪੁਰਾਣਾਂ ਦੇ ਸ਼ਰਧਾਲੂ ਸਨ । ਜੇ ਉਹ ਇਕ ਮੁਸਲਮਾਨ ਨੂੰ ਆਖ ਰਹੇ ਹਨ ਕਿ—

"ਦੋਜਕਿ ਪਉਦਾ ਕਿਉ ਰਹੈ, ਜਾ ਚਿਤਿ ਨ ਹੋਇ ਰਸੂਲਿ ॥"

ਤਾਂ ਇਥੋਂ ਇਹ ਮਤਲਬ ਨਹੀਂ ਨਿਕਲਦਾ ਕਿ ਸਤਿਗੁਰੂ ਜੀ ਮੁਸਲਮਾਨ ਸਨ ।

ਭਗਤ ਨਾਮਦੇਵ ਜੀ ਨੇ ਲਫ਼ਜ਼ "ਸੰਖ ਚੱਕ੍ਰ ਗਦਾ" ਆਦਿਕ ਭੀ ਇਸੇ ਵਾਸਤੇ ਹੀ ਵਰਤੇ ਹਨ ਕਿ ਹਿੰਦੂ ਲੋਕ ਵਿਸ਼ਨੂੰ ਦਾ ਇਹੀ ਸਰੂਪ ਮੰਨਦੇ ਹਨ ਤੇ ਇਹ ਲਫ਼ਜ਼ ਉਹਨਾਂ ਨੂੰ ਪਿਆਰੇ ਲੱਗਦੇ ਹਨ ਤੇ ਖਿੱਚ ਪਾਂਦੇ ਹਨ । ਅੱਜ ਜੋ ਉਤਸ਼ਾਹ ਕਿਸੇ ਸਿੱਖ ਨੂੰ "ਕਲਗੀ" ਅਤੇ "ਬਾਜ" ਲਫ਼ਜ਼ ਵਰਤ ਕੇ ਦਿੱਤਾ ਜਾ ਸਕਦਾ ਹੈ, ਉਹ ਹੋਰ ਕਿਸੇ ਉਪਦੇਸ਼ ਨਾਲ ਨਹੀਂ ।

ਗੁਰੂ ਨਾਨਕ ਦੇਵ ਜੀ ਨੇ ਭੀ ਤਾਂ ਇਕ ਵਾਰੀ ਪਰਮਾਤਮਾ ਦਾ ਇਸੇ ਤਰ੍ਹਾਂ ਦਾ ਸਰੂਪ ਵਿਖਾਇਆ ਸੀ । ਵੇਖੋ ਵਡਹੰਸੁ ਮਹਲਾ ੧ ਛੰਤ—

"ਤੇਰੇ ਬੰਕੇ ਲੋਇਣ ਦੰਤ ਰੀਸਾਲਾ ॥ ਸੋਹਣੇ ਨਕ ਜਿਨ ਲੰਮੜੇ ਵਾਲਾ ॥ ਕੰਚਨ ਕਾਇਆ ਸੁਇਨੇ ਕੀ ਢਾਲਾ ॥ ਸੋਵੰਨ ਢਾਲਾ ਕ੍ਰਿਸਨ ਮਾਲਾ ਜਪਹੁ ਤੁਸੀ ਸਹੇਲੀਹੋ ॥ ਜਮ ਦੁਆਰਿ ਨ ਹੋਹੁ ਖੜੀਆ, ਸਿਖ ਸੁਣਹੁ ਮਹੇਲੀਹੋ" ॥੭॥੨॥ {ਪੰਨਾ ੫੬੭}

(੬) ਭੈਰਉ ੧੦ ॥

ਬਾਦਿਸਾਹ ਚੜ੍ਹਿਓ ਅਹੰਕਾਰਿ ॥ ਗਜ ਹਸਤੀ ਦੀਨੋ ਚਮਕਾਰਿ ॥੫॥ ਰੁਦਨੁ ਕਰੈ ਨਾਮੇ ਕੀ ਮਾਇ ॥ ਛੋਡਿ ਰਾਮੁ ਕੀ ਨ ਭਜਹਿ ਖੁਦਾਇ ॥੬॥ ਨ ਹਉ ਤੇਰਾ ਪੂੰਗੜਾ ਨ ਤੂ ਮੇਰੀ ਮਾਇ ॥ ਪਿੰਡੁ ਪੜੈ ਤਉ ਹਰਿ ਗੁਨ ਗਾਇ ॥੭॥ ...ਸਾਤ ਘੜੀ ਜਬ ਬੀਤੀ ਸੁਣੀ ॥ ਅਜਹੁ ਨ ਆਇਓ ਤ੍ਰਿਭਵਣ ਧਣੀ ॥੧੪॥ ਪਾਖੰਤਣ ਬਾਜ ਬਜਾਇਲਾ ॥ ਗਰੁੜ ਚੜ੍ਹੇ ਗੋਬਿੰਦ ਆਇਲਾ ॥੧੫॥ ਅਪਨੇ ਭਗਤ ਪਰਿ ਕੀ ਪ੍ਰਤਿਪਾਲ ॥ ਗਰੁੜ ਚੜ੍ਹੇ ਆਏ ਗੋਪਾਲ ॥੧੬॥ ...

ਮਿਲਿ ਹਿੰਦੂ ਸਭ ਨਾਮੇ ਪਹਿ ਜਾਹਿ ॥੨੫॥
ਜਉ ਅਬ ਕੀ ਬਾਰ ਨ ਜੀਵੈ ਗਾਇ ॥ ਤ ਨਾਮਦੇਵ ਕਾ ਪਤੀਆ ਜਾਇ ॥੨੬॥ {ਪੰਨਾ ੧੧੬੬}

ਇਸ ਸ਼ਬਦ ਦਾ ਹਵਾਲਾ ਦੇ ਕੇ ਵਿਰੋਧੀ ਸੱਜਣ ਲਿਖਦੇ ਹਨ ਕਿ ਨਾਮਦੇਵ ਨੇ ਇਹ ਮੰਨਿਆ ਹੈ ਜੋ "ਮੋਈ ਹੋਈ ਗਊ ਨੂੰ ਜਿਵਾਣ ਲਈ ਵਿਸ਼ਨੂੰ ਮਹਾਰਾਜ ਗਰੁੜ ਪਰ ਚੜ੍ਹ ਕੇ ਆਏ" ।

ਕਿਸੇ ਖ਼ਾਸ ਸਰੂਪ ਦੇ ਪੁਜਾਰੀ ਨਹੀਂ—

ਇਹ ਠੀਕ ਹੈ ਕਿ ਬੰਦ ਨੰ: ੧੪, ੧੫, ੧੬ ਵਿਚ ਨਾਮਦੇਵ ਜੀ ਪਰਮਾਤਮਾ ਦਾ ਇਹ ਸਰੂਪ ਨਿਰੋਲ ਪੁਰਾਣਾਂ ਅਨੁਸਾਰ ਹਿੰਦੂਆਂ ਵਾਲਾ ਦੱਸਦੇ ਹਨ । ਪਰ ਕਿਉਂ? ਇਸ ਵਾਸਤੇ ਕਿ ਇਕ ਮੁਸਲਮਾਨ ਬਾਦਸ਼ਾਹ ਜਾਨੋਂ ਮਾਰਨ ਦੇ ਡਰਾਵੇ ਦੇਂਦਾ ਹੈ ਤੇ ਚਾਹੁੰਦਾ ਹੈ ਕਿ ਨਾਮਦੇਵ ਮੁਸਲਮਾਨ ਬਣ ਜਾਏ—

ਬਿਸਮਿਲਿ ਗਊ ਦੇਹੁ ਜੀਵਾਇ ॥ ਨਾਤਰੁ ਗਰਦਨਿ ਮਾਰਉਂ ਠਾਂਇ" ॥੨॥

ਨਾਮਦੇਵ ਦੀਆਂ ਮੁਸ਼ਕਾਂ ਬੰਨ੍ਹਾ ਕੇ ਵੰਗਾਰਦਾ ਹੈ—

"ਦੇਖਉ ਤੇਰਾ ਹਰਿ ਬੀਠੁਲਾ" ॥ਰਹਾਉ॥

ਨਾਮਦੇਵ ਜੀ ਦੀ ਮਾਂ ਸਮਝਾਂਦੀ ਭੀ ਹੈ ਕਿ ਮੁਸਲਮਾਨ ਬਣ ਜਾਉ, ਪਰ ਉਹ ਨਿਡਰ ਹਨ । ਮੁਸਲਮਾਨ ਬਾਦਸ਼ਾਹ ਦੇ ਤਅਸਬ ਦਾ ਨਿਰਭੈਤਾ ਨਾਲ ਮੁਲਾਬਲਾ ਕਰਨ ਲਈ ਆਪਣੇ "ਬੀਠੁਲ ਹਰੀ ਗੋਬਿੰਦ ਗੋਪਾਲ ਤ੍ਰਿਭਵਣ ਧਣੀ" ਦਾ ਸਰੂਪ ਪੁਰਾਣਾਂ ਵਾਲਾ ਦੱਸ ਰਹੇ ਹਨ । ਪਰ, ਕੀ ਨਾਮਦੇਵ ਜੀ ਪਰਮਾਤਮਾ ਦੇ ਕਿਸੇ ਸਰੂਪ ਦੇ ਪੁਜਾਰੀ ਸਨ? ਨਹੀਂ, ਘੱਟ ਤੋਂ ਘੱਟ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕੋਈ ਐਸਾ ਸ਼ਬਦ ਦਰਜ ਨਹੀਂ ਹੈ, ਜਿਸ ਅਨੁਸਾਰ ਇਹ ਪੱਖ ਸਾਬਤ ਕੀਤਾ ਜਾ ਸਕੇ । ਮੁਸਲਮਾਨ ਬਾਦਸ਼ਾਹ ਨੂੰ ਤਾਂ ਆਪਣਾ ਭਗਵਾਨ ਗਰੁੜ ਉੱਤੇ ਚੜ੍ਹਿਆ ਵਿਖਾਂਦੇ ਹਨ, ਪਰ ਜਦੋਂ ਹਿੰਦੂ ਆਪਣੀ ਉੱਚੀ ਜਾਤ ਦੇ ਮਾਣ ਤੇ ਨਾਮਦੇਵ ਨੂੰ ਮੰਦਰੋਂ ਧੱਕੇ ਦੇਂਦੇ ਹਨ, ਤਾਂ ਉਹ ਆਪਣੇ ਪਰਮਾਤਮਾ ਨੂੰ 'ਅਬਦਾਲੀ' ਅਤੇ 'ਕਲੰਦਰ' ਆਖ ਕੇ ਕਹਿੰਦੇ ਹਨ ਕਿ ਮੇਰੇ ਛੋਣੇ ਤੂੰ ਹੀ ਖੁਹਾਏ ਸਨ, ਉਸ ਵੇਲੇ ਆਪਣੇ 'ਕੇਸਵ' ਨੂੰ ਮੁਸਲਮਾਨੀ ਪਹਿਰਾਵੇ ਅਤੇ ਮੁਸਲਮਾਨੀ ਲਫ਼ਜ਼ਾਂ ਵਿਚ ਹੀ ਯਾਦ ਕਰਦੇ ਹਨ । ਵੇਖੋ ਭੈਰਉ ਨਾਮਦੇਵ :

(੭) ਆਉ ਕਲੰਦਰ ਕੇਸਵਾ ॥ ਕਰਿ ਅਬਦਾਲੀ ਭੇਸਵਾ ॥ਰਹਾਉ॥
. . ਜਿਨਿ ਆਕਾਸ ਕੁਲਹ ਸਿਰਿ ਕੀਨੀ ... ...ਚਮਰ ਪੋਸ ਕਾ ਮੰਦਰੁ ਤੇਰਾ ... ... ॥੧॥
... ... ਸਹਨਕ ਸਭ ਸੰਸਾਰਾ ॥੨॥
ਬੀਬੀ ਕਉਲਾ ਸਉ ਕਾਇਨੁ ਤੇਰਾ ... ...॥੩॥
ਭਗਤਿ ਕਰਤ ਮੇਰੇ ਤਾਲ ਛਿਨਾਏ, ਕਿਹ ਪਹਿ ਕਰਉ ਪੁਕਾਰਾ ॥
ਨਾਮੇ ਕਾ ਸੁਆਮੀ ਅੰਤਰਜਾਮੀ, ਫਿਰੇ ਸਗਲ ਬੇ ਦੇਸਵਾ ॥੪॥੧॥ {ਪੰਨਾ ੧੧੬੭}

ਨੋਟ :—ਇੱਥੇ ਇਕ ਇਤਿਹਾਸਕ ਘਟਨਾ ਭੀ ਵਿਚਾਰਨ-ਜੋਗ ਹੈ । ਮੈਕਾਲਿਫ਼ ਲਿਖਦਾ ਹੈ ਕਿ ਨਾਮਦੇਵ ਆਪਣੇ ਇਕ ਗੁਰ-ਭਾਈ ਨਾਲ ਤੀਰਥਾਂ ਤੇ ਆਇਆ ਸੀ; ਇਸ ਸਫ਼ਰ ਵਿਚ ਉਹ ਦਿੱਲੀ ਭੀ ਆਏ ਸਨ ਤੇ ਇੱਥੇ ਬਾਦਸ਼ਾਹ ਮੁਹੰਮਦ ਤੁਗਲਕ ਨੇ ਮੋਈ ਗਊ ਜਿਵਾਣ ਲਈ ਵੰਗਾਰਿਆ ਸੀ । ਪਰ ਨਾਮਦੇਵ ਜੀ ਆਖਦੇ ਹਨ—ਜਿਸ ਵੇਲੇ ਬਾਦਸ਼ਾਹ ਨੇ ਜਾਨੋਂ ਮਾਰਨ ਦਾ ਡਰਾਵਾ ਦਿੱਤਾ ਤਾਂ ਮੇਰੀ ਮਾਂ ਨੇ ਕੋਲੋਂ ਮੈਨੂੰ ਮੁਸਲਮਾਨ ਬਣ ਜਾਣ ਦੀ ਸਲਾਹ ਦਿੱਤੀ, ਪਰ ਮੈਂ ਇਨਕਾਰ ਕਰ ਦਿੱਤਾ ।

ਕੀ ਇਸ ਲੰਮੇ ਸਫ਼ਰ ਵਿਚ ਨਾਮਦੇਵ ਜੀ ਦੀ ਬੁੱਢੀ ਮਾਂ ਭੀ ਨਾਲ ਹੀ ਸੀ? ਇਸ ਗੱਲ ਦਾ ਕਿਸੇ ਜ਼ਿਕਰ ਨਹੀਂ ਕੀਤਾ ਤੇ ਨਾ ਹੀ ਇਹ ਮੰਨਣ ਵਿਚ ਆਉਂਦੀ ਹੈ । ਪੈਦਲ ਪੈਂਡੇ, ਤੇ ਪੈਂਡੇ ਭੀ ਇੱਕ ਪਾਸੇ ਦਿੱਲੀ ਤੇ ਦੂਜੇ ਪਾਸੇ ਰਾਮੇਸ਼੍ਵਰ ਰਾਸ-ਕੁਮਾਰੀ ਤਕ! ਫਿਰ ਵੇਖੋ ਬੰਦ ਨੰ: ੨੫ ਤੇ ੨੬ । ਇਹਨਾਂ ਵਿਚੋਂ ਤਾਂ ਇਉਂ ਜਾਪਦਾ ਹੈ ਕਿ ਇਹ ਹਿੰਦੂ ਨਾਮਦੇਵ ਨੂੰ ਚੰਗੀ ਤਰ੍ਹਾਂ ਜਾਣਦੇ ਹਨ, ਉਸ ਦੀ ਹੁਣ ਤਕ ਦੀ ਬਣੀ ਸਾਖ ਤੋਂ ਵਾਕਿਫ਼ ਸਨ । ਦਿੱਲੀ ਵਿਚ ਆਏ ਪਰਦੇਸੀ ਵਾਸਤੇ ਇਹ ਗੱਲ ਨਹੀਂ ਢੁਕ ਸਕਦੀ । ਸੋ, ਇਹ ਘਟਨਾ ਨਾਮਦੇਵ ਦੇ ਆਪਣੇ ਵਤਨੀ ਨਗਰ ਪੰਡਰਪੁਰ ਦੀ ਹੀ ਹੋ ਸਕਦੀ ਹੈ । ਚਾਹੇ ਦਿੱਲੀ ਦਾ ਬਾਦਸ਼ਾਹ ਓਧਰ ਗਿਆ ਹੋਵੇ, ਚਾਹੇ ਉਸ ਸੂਬੇ ਦਾ ਕੋਈ ਹੋਰ ਮੁਸਲਮਾਨ ਸ਼ਾਹ ਹੋਵੇ ।

ਬੀਠੁਲ ਪੂਜਾ ਦਾ ਭੁਲੇਖਾ

(੮) ਭੈਰਉ—

ਹਸਤ ਖੇਲਤ ਤੇਰੇ ਦੇਹੁਰੇ ਆਇਆ ॥ ਭਗਤਿ ਕਰਤ ਨਾਮਾ ਪਕਰਿ ਉਠਾਇਆ ॥੧॥ ਹੀਨੜੀ ਜਾਤਿ ਮੇਰੀ ਜਾਦਮ ਰਾਇਆ ॥ ਛੀਪੇ ਕੇ ਜਨਮਿ ਕਾਹੇ ਕਉ ਆਇਆ ॥੧॥ਰਹਾਉ॥ ਲੈ ਕਮਲੀ ਚਲਿਓ ਪਲਟਾਇ ॥ ਦੇਹੁਰੈ ਪਾਛੈ ਬੈਠਾ ਜਾਇ ॥੨॥ ਜਿਉ ਜਿਉ ਨਾਮਾ ਹਰਿ ਗੁਣ ਉਚਰੈ ॥ ਭਗਤ ਜਨਾਂ ਕਉ ਦੇਹੁਰਾ ਫਿਰੈ ॥੩॥੬॥ {ਪੰਨਾ ੧੧੬੪}

(੯) ਮਲਾਰ—ਮੋ ਕਉ ਤੂੰ ਨ ਬਿਸਾਰਿ ਤੂ ਨ ਬਿਸਾਰਿ ॥ ਤੂ ਨ ਬਿਸਾਰੇ ਰਾਮਈਆ ॥੧॥ਰਹਾਉ॥ ਆਲਾਵੰਤੀ ਇਹੁ ਭ੍ਰਮੁ ਜੋ ਹੈ ਮੁਝ ਊਪਰਿ ਸਭ ਕੋਪਿਲਾ ॥ ਸੂਦੁ ਸੂਦੁ ਕਰਿ ਮਾਰਿ ਉਠਾਇਓ, ਕਹਾ ਕਰਉ ਬਾਪ ਬੀਠੁਲਾ ॥੧॥ ਮੂਏ ਹੂਏ ਜਉ ਮੁਕਤਿ ਦੇਹੁਗੇ, ਮੁਕਤਿ ਨ ਜਾਨੈ ਕੋਇਲਾ ॥ ਏ ਪੰਡੀਆ ਮੋ ਕਉ ਢੇਢ ਕਹਤ, ਤੇਰੀ ਪੈਜ ਪਿਛੰਉਡੀ ਹੋਇਲਾ ॥੨॥ ਤੂ ਜੁ ਦਇਆਲੁ ਕ੍ਰਿਪਾਲੁ ਕਹੀਅਤ ਹੈ, ਅਤਿਭੁਜ ਭਇਓ ਅਪਾਰਲਾ । ਫੇਰਿ ਦੀਆ ਦੇਹੁਰਾ ਨਾਮੇ ਕਉ, ਪੰਡੀਅਨ ਕਉ ਪਿਛਵਾਰਲਾ ॥੩॥੨॥ {ਪੰਨਾ ੧੨੯੨}

ਇਹਨਾਂ ਸ਼ਬਦਾਂ ਦਾ ਹਵਾਲਾ ਦੇ ਕੇ ਲੋਕ ਇਤਰਾਜ਼ ਕਰਦੇ ਹਨ ਕਿ ਨਾਮਦੇਵ ਜੀ ਬੀਠੁਲ ਦੀ ਮੂਰਤੀ ਪੂਜਦੇ ਸਨ, ਜਿਹਾ ਕਿ ਉਹਨਾਂ ਦੇ ਦੇਹੁਰੇ ਵਿਚੋਂ ਕੱਢੇ ਜਾਣ ਤੋਂ ਸਾਬਤ ਹੁੰਦਾ ਹੈ ।

ਧੱਕੇ ਕਿਉਂ ਪੈਂਦੇ?—

ਭਗਤ ਨਾਮਦੇਵ ਜੀ ਨੇ ਆਪਣੀ ਉਮਰ ਦਾ ਵਧੀਕ ਹਿੱਸਾ ਪੰਡਰਪੁਰ ਵਿਚ ਗੁਜ਼ਾਰਿਆ । ਉੱਥੋਂ ਦੇ ਵਸਨੀਕ ਜਾਣਦੇ ਹੀ ਸਨ ਕਿ ਨਾਮਦੇਵ ਛੀਂਬਾ ਹੈ ਤੇ ਸ਼ੂਦਰ ਹੈ । ਸ਼ੂਦਰ ਨੂੰ ਮੰਦਰ ਜਾਣ ਦੀ ਮਨਾਹੀ ਸੀ । ਕਿਸੇ ਦਿਨ ਕਿਸੇ ਮੌਜ ਵਿਚ ਨਾਮਦੇਵ ਜੀ ਬੀਠੁਲ-ਮੂਰਤੀ ਦੇ ਮੰਦਰ ਚਲੇ ਗਏ । ਅੱਗੋਂ-ਉੱਚੀ ਜਾਤ ਵਾਲਿਆਂ ਨੇ ਬਾਹੋਂ ਫੜ ਕੇ ਬਾਹਰ ਕੱਢ ਦਿੱਤਾ । ਜੇ ਨਾਮਦੇਵ ਜੀ ਕਿਸੇ ਬੀਠੁਲ ਦੀ ਕਿਸੇ ਠਾਕੁਰ ਦੀ ਮੂਰਤੀ ਦੇ ਪੁਜਾਰੀ ਹੁੰਦੇ ਤੇ ਹਰ ਰੋਜ਼ ਮੰਦਰ ਜਾ ਕੇ

ਪੂਜਾ ਕਰਦੇ ਹੁੰਦੇ, ਤਾਂ ਹਰ ਰੋਜ਼ ਮੰਦਰ ਆਉਣ ਵਾਲੇ ਨਾਮਦੇਵ ਨੂੰ ਉਹਨਾਂ ਲੋਕਾਂ ਨੇ ਕਿਸੇ ਇੱਕ ਦਿਨ "ਹੀਨੜੀ ਜਾਤਿ" ਦਾ ਜਾਣ ਕੇ ਕਿਉਂ ਬਾਹਰ ਕੱਢਣਾ ਸੀ? ਇਹ ਇੱਕ ਦਿਨ ਦੀ ਘਟਨਾ ਹੀ ਦੱਸਦੀ ਹੈ ਕਿ ਨਾਮਦੇਵ ਜੀ ਨਾਹ ਮੰਦਰ ਜਾਇਆ ਕਰਦੇ ਸਨ, ਨਾਹ ਹੀ ਸ਼ੂਦਰ ਹੋਣ ਕਰਕੇ ਉੱਚੀ ਜਾਤ ਵਾਲਿਆਂ ਵਲੋਂ ਉਹਨਾਂ ਨੂੰ ਉੱਥੇ ਜਾਣ ਦੀ ਆਗਿਆ ਸੀ । ਇਹ ਤਾਂ ਕਿਸੇ ਇੱਕ ਦਿਨ ਮੌਜ ਵਿਚ ਆਏ ਹੋਏ ਚਲੇ ਗਏ ਤੇ ਅੱਗੋਂ ਧੱਕੇ ਪਏ । ਪੰਡਰਪੁਰ ਵਿਚ 'ਬੀਠੁਲ' ਦੀ ਮੂਰਤੀ ਦਾ ਮੰਦਰ ਹੈ, ਜੇ ਨਾਮਦੇਵ ਜੀ ਉਸ ਮੂਰਤੀ ਦੇ ਪੁਜਾਰੀ ਹੁੰਦੇ ਤਾਂ ਆਖ਼ਿਰ ਇਹ ਪੂਜਾ ਉਹਨਾਂ ਮੰਦਰ ਵਿਚ ਜਾ ਕੇ ਹੀ ਕਰਨੀ ਸੀ । ਧੱਕੇ ਪੈਣ ਤੇ ਨਾਮਦੇਵ "ਬੀਠੁਲ' ਅੱਗੇ ਪੁਕਾਰ ਕਰਦਾ ਹੈ ਤੇ ਆਖਦਾ ਹੈ "ਕਹਾ ਕਰਉ ਬਾਪ ਬੀਠੁਲਾ" । ਸੋ, ਉਹ ਮੰਦਰ ਜਿਥੋਂ ਧੱਕੇ ਪਏ ਸਨ, ਜ਼ਰੂਰ 'ਬੀਠੁਲ' ਦਾ ਹੀ ਹੋਵੇਗਾ । ਇਥੇਂ ਧੱਕੇ ਪੈਣ ਤੋਂ ਹੀ ਇਹ ਸਾਫ਼ ਜ਼ਾਹਰ ਹੈ ਕਿ ਨਾਮਦੇਵ ਇਸ ਤੋਂ ਪਹਿਲਾਂ ਕਦੇ ਕਿਸੇ ਮੰਦਰ ਵਿਚ ਨਹੀਂ ਸੀ ਗਿਆ, ਨਾਹ ਹੀ ਕਿਸੇ ਮੰਦਰ ਵਿਚ ਪਈ ਕਿਸੇ ਬੀਠੁਲ-ਮੂਰਤੀ ਦਾ ਉਹ ਪੁਜਾਰੀ ਸੀ । ਬੀਠੁਲ-ਮੂਰਤੀ ਕ੍ਰਿਸ਼ਨ ਜੀ ਦੀ ਹੈ, ਪਰ 'ਰਹਾਉ' ਦੀ ਤੁਕ ਵਿਚ ਨਾਮਦੇਵ ਆਪਣੇ "ਬੀਠੁਲ" ਨੂੰ "ਰਾਮਈਆ" ਕਹਿ ਕੇ ਭੀ ਬੁਲਾਂਦਾ ਹੈ । ਇਸੇ ਇੱਕ ਅਵਤਾਰ ਦੀ ਮੂਰਤੀ ਦਾ ਪੁਜਾਰੀ ਆਪਣੇ ਇਸ਼ਟ ਨੂੰ ਕਿਸੇ ਹੋਰ ਅਵਤਾਰ ਦੇ ਨਾਮ ਨਾਲ ਯਾਦ ਨਹੀਂ ਕਰ ਸਕਦਾ । ਸੋ, ਇੱਥੇ ਨਾਮਦੇਵ ਉਸੇ ਮਹਾਨ "ਬਾਪ" ਨੂੰ ਸੱਦ ਰਿਹਾ ਹੈ, ਜਿਸ ਨੂੰ 'ਰਾਮ, ਬੀਠੁਲ, ਮੁਕੰਦ' ਆਦਿਕ ਸਾਰੇ ਪਿਆਰੇ ਨਾਵਾਂ ਵਾਲਾ ਬੁਲਾਇਆ ਜਾ ਸਕਦਾ ਹੈ ।

ਇਹ ਇਤਰਾਜ਼ ਕੋਈ ਵਜ਼ਨ ਨਹੀਂ ਰੱਖਦਾ—

ਇਤਰਾਜ਼ ਕਰਨ ਵਾਲੇ ਸੱਜਣ ਸ਼ਾਇਦ ਇਹ ਇਤਰਾਜ਼ ਭੀ ਕਰ ਦੇਣ ਕਿ ਜੇ ਨਾਮਦੇਵ ਉਸ ਮੂਰਤੀ ਦਾ ਪੁਜਾਰੀ ਨਹੀਂ ਸੀ, ਤਾਂ ਉਹ ਉਸ ਇੱਕ ਦਿਨ ਭੀ ਉੱਥੇ ਕਿਉਂ ਗਿਆ ਸੀ । ਪਰ ਇਹ ਇਤਰਾਜ਼ ਕੋਈ ਵਜ਼ਨ ਨਹੀਂ ਰੱਖਦਾ । ਮੁਸਲਮਾਨ ਈਸਾਈ ਅਤੇ ਹੋਰ ਕਈ ਮਤਾਂ ਦੇ ਲੋਕ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਆਇਆ ਕਰਦੇ ਹਨ, ਪਰ ਇਸ ਦਾ ਇਹ ਭਾਵ ਨਹੀਂ ਕਿ ਉਹ ਗੁਰੂ ਨਾਨਕ ਸਾਹਿਬ ਦੇ ਸਿੱਖ ਦੀ ਹੈਸੀਅਤ ਵਿਚ ਆਉਂਦੇ ਹਨ । 'ਗੁਰਦੁਆਰਾ ਲਹਿਰ' ਤੋਂ ਪਹਿਲਾਂ ਜਦੋਂ ਸ੍ਰੀ ਹਰਿਮੰਦਰ ਸਾਹਿਬ ਦਾ ਪਰਬੰਧ "ਸਨਾਤਨੀ" ਸਿੱਖਾਂ ਦੇ ਹੱਥ ਵਿਚ ਸੀ ਤਾਂ ਉੱਚੀ ਜਾਤ ਵਾਲੇ ਹਿੰਦੂਆਂ ਤੇ ਸਿੱਖਾਂ ਤੋਂ ਬਿਨਾ ਕਿਸੇ ਹੋਰ ਨੂੰ ਹਰ ਵੇਲੇ ਅੰਦਰ ਜਾਣ ਦੀ ਆਗਿਆ ਨਹੀਂ ਸੀ, ਇਹਨਾਂ ਲਈ ਖ਼ਾਸ ਸਮਾਂ ਮੁਕੱਰਰ ਸੀ ਤੇ ਖ਼ਾਸ ਪਾਸਾ ਨਿਯਤ ਸੀ । ਉਹਨੀਂ ਦਿਨੀਂ ਜਿਹੜਾ ਕੋਈ ਅਜਿਹਾ 'ਵਰਜਿਤ' ਬੰਦਾ ਉਸ 'ਸੁੱਚ' ਦੇ ਨੇਮ ਦਾ ਉਲੰਘਣ ਕਰਦਾ ਹੋਵੇਗਾ, ਉਸ ਨੂੰ ਜ਼ਰੂਰ ਧੱਕੇ ਪੈਂਦੇ ਹੋਣਗੇ । ਇਥੋਂ ਤਕ ਕਿ ਅਖੌਤੀ 'ਮਜ਼ਹਬੀ' ਸਿੰਘਾਂ ਨੂੰ ਧੱਕੇ ਮਾਰੇ ਗਏ; ਇਹਨਾਂ ਵਧੀਕੀਆਂ ਕਰਕੇ ਹੀ ਤਾਂ ਇਹਨਾਂ ਲੋਕਾਂ ਪਾਸੋਂ ਪਰਬੰਧ ਖੋਹ ਲੈਣ ਲਈ 'ਗੁਰਦੁਆਰਾ ਲਹਿਰ' ਚੱਲੀ ਸੀ ।

ਹਿੰਦੂ ਮੰਦਰਾਂ ਵਿਚ ਕਈ ਸਿੱਖ ਭੀ ਸਿਰਫ਼ 'ਵੇਖਣ' ਦੀ ਖ਼ਾਤਰ ਹੀ ਚਲੇ ਜਾਂਦੇ ਹਨ, ਉਹਨਾਂ ਬਾਰੇ ਇਹ ਨਹੀਂ ਕਿਹਾ ਜਾ ਸਕਦਾ ਕਿ ਉਹ ਉੱਥੇ ਸ਼ਰਧਾ ਨਾਲ ਪੂਜਾ ਕਰਨ ਦੀ ਖ਼ਾਤਰ ਜਾਂਦੇ ਹਨ । ਇਸੇ ਤਰ੍ਹਾਂ ਹੀ ਭਗਤ ਨਾਮਦੇਵ ਭੀ ਕਦੇ ਇੱਕ ਵਾਰੀ ਬੀਠੁਲ-ਮੂਰਤੀ ਦੇ ਮੰਦਰ ਚਲਾ ਗਿਆ ਹੋਵੇਗਾ ।

?????????
ਜੈਸੇ ਤਉ ਗੋਬੰਸ ਤ੍ਰਿਣ ਪਾਇ, ਦੁਹੈ, ਗੋਰਸੁ ਦੈ, ਗੋਰਸੁ ਔਟਾਇ, ਦਧਿ ਮਾਖਨੁ ਪ੍ਰਗਾਸ ਹੈ ॥ ਊਖ ਮਹਿ ਪਯੂਖੁ, ਤਨੁ ਖੰਡ ਖੰਡ ਕੈ ਪਿਰਾਇ, ਰਸ ਕੈ ਔਟਾਇ, ਖੰਡੁ ਮਿਸਰੀ ਮਿਠਾਸ ਹੈ ॥ ਚੰਦਨ ਸੁਗੰਧਿ ਸਨਬੰਧ ਕੈ ਬਨਾਸਪਤੀ, ਢਾਕ ਔ ਪਲਾਸ ਜੈਸੇ ਚੰਦਨ ਸੁਬਾਸੁ ਹੈ ॥ ਸਾਧੁ ਸੰਗਿ ਮਿਲਤ, ਸੰਸਾਰੀ ਨਿਰੰਕਾਰੀ ਹੋਤ, ਗੁਰਮਤਿ ਪਰਉਪਕਾਰ ਕੈ ਨਿਵਾਸੁ ਹੈ ॥੧੨੯॥ {ਕਬਿੱਤ ਭਾਈ ਗੁਰਦਾਸ ਜੀ

ਪਦ ਅਰਥ :—ਗੋਬੰਸ—ਗਾਈਆਂ ਦੀ ਕੁਲ, ਗਾਈਆਂ ਦਾ ਵੱਗ । ਤ੍ਰਿਣ—ਘਾਹ । ਦੁਹੈ—(ਜਦੋਂ) ਚੋਈਦਾ ਹੈ । ਗੋਰਸੁ—ਦੁੱਧ । ਦੈ—ਦੇਂਦਾ ਹੈ । ਔਟਾਇ—ਕਾੜ੍ਹ ਕੇ । ਦਧਿ—ਦਹੀਂ । ਪ੍ਰਗਾਸ ਹੈ—ਨਿਕਲਦਾ ਹੈ ।

ਊਖ—ਗੰਨਾ । ਪਯੂਖੁ—ਰਸ, ਰਹੁ । ਤਨੁ—(ਗੰਨੇ ਦਾ) ਸਰੀਰ । ਖੰਡ ਖੰਡ ਕੈ—ਟੋਟੇ ਟੋਟੇ ਕਰ ਕੇ {ਕੈ—ਕਰਿ, ਕਰ ਕੇ} ਪਿਰਾਇ—ਪੀੜ ਕੇ । ਰਸ ਕੈ ਔਟਾਇ—(ਗੰਨੇ ਦੀ) ਰਹੁ ਨੂੰ ਕਾੜ੍ਹਿਆਂ ।

ਸਨਬੰਧ ਕੈ—ਮੇਲ ਨਾਲ । ਚੰਦਨ ਸੁ ਬਾਸੁ—ਚੰਦਨ ਦੀ ਖ਼ੁਸ਼ਬੂ ।

ਸੰਸਾਰੀ—ਸੰਸਾਰ ਵਿਚ ਖਚਿਤ ਮਨੁੱਖ । ਨਿਰੰਕਾਰੀ—ਪਰਮਾਤਮਾ ਨਾਲ ਪਿਆਰ ਕਰਨ ਵਾਲਾ । ਗੁਰਮਤਿ—ਗੁਰੂ ਦੀ ਸਿੱਖਿਆ ਲੈ ਕੇ । ਪਰਉਪਕਾਰ ਕੈ—ਦੂਜਿਆਂ ਦੀ ਭਲਾਈ ਕਰਨ ਵਿਚ । ਨਿਵਾਸੁ—(ਉਸ ਦੇ ਮਨ ਦਾ) ਟਿਕਾਣਾ ।

ਠਾਕੁਰ ਨੂੰ ਦੁੱਧ ਪਿਲਾਣਾ

ਭੈਰਉ ਨਾਮਦੇਉ ਜੀ ॥ ਦੂਧੁ ਕਟੋਰੈ ਗਡਵੈ ਪਾਨੀ ॥ ਕਪਲ ਗਾਇ ਨਾਮੈ ਦੁਹਿ ਆਨੀ ॥੧॥ ਦੂਧੁ ਪੀਉ ਗੋਬਿੰਦੇ ਰਾਇ ॥ ਦੂਧੁ ਪੀਉ ਮੇਰੋ ਮਨੁ ਪਤੀਆਇ ॥ ਨਾਹੀ ਤ ਘਰ ਕੋ ਬਾਪੁ ਰਿਸਾਇ ॥੧॥ਰਹਾਉ॥ ਸੋੁਇਨ ਕਟੋਰੀ ਅੰਮ੍ਰਿਤ ਭਰੀ ॥ ਲੈ ਨਾਮੈ ਹਰਿ ਆਗੈ ਧਰੀ ॥੨॥ ਏਕੁ ਭਗਤੁ ਮੇਰੇ ਹਿਰਦੈ ਬਸੈ ॥ ਨਾਮੇ ਦੇਖਿ ਨਰਾਇਨੁ ਹਸੈ ॥੩॥ ਦੂਧੁ ਪੀਆਇ ਭਗਤੁ ਘਰਿ ਗਇਆ ॥ ਨਾਮੇ ਹਰਿ ਕਾ ਦਰਸਨੁ ਭਇਆ ॥੪॥੩॥ {ਪੰਨਾ ੧੧੬੩}

ਨਾਮਦੇਵ ਜੀ ਨੇ ਦੁੱਧ ਕਿਸ ਨੂੰ ਪਿਲਾਇਆ? ਇਸ ਸ਼ਬਦ ਵਿਚੋਂ ਗਹੁ ਨਾਲ ਵੇਖੋ । "ਗੋਬਿੰਦ ਰਾਇ, ਹਰਿ, ਨਰਾਇਨ"—ਸਿਰਫ਼ ਇਹੀ ਲਫ਼ਜ਼ ਵਰਤੇ ਹਨ ਉਸ ਵਾਸਤੇ, ਜਿਸ ਨੂੰ ਨਾਮਦੇਵ ਜੀ ਨੇ ਦੁੱਧ ਪਿਲਾਇਆ ਸੀ । ਪਰ ਮੰਦਰਾਂ ਵਿਚ ਲੋਕ ਜਿਸ ਨੂੰ ਦੁੱਧ ਪਿਲਾਉਂਦੇ ਹਨ ਉਸ ਨੂੰ 'ਠਾਕੁਰ' ਆਖਿਆ ਜਾਂਦਾ ਹੈ । ਦੁੱਧ ਪਿਲਾਉਣ ਬਾਰੇ ਭਾਈ ਗੁਰਦਾਸ ਜੀ ਨੇ ਦਸਵੀਂ ਵਾਰ ਵਿਚ ਜੋ ਲੋਕਾਂ ਦੇ ਮੂੰਹ-ਚੜ੍ਹੀ ਗਵਾਹੀ ਦਿੱਤੀ ਹੈ, ਉੱਥੇ ਭੀ ਲਫ਼ਜ਼ 'ਠਾਕੁਰ' ਹੀ ਹੈ :—

ਕੰਮਿ ਕਿਤੈ ਪਿਉ ਚੱਲਿਆ, ਨਾਮਦੇਵ ਨੋਂ ਆਖਿ ਸਿਧਾਇਆ ॥ ਠਾਕੁਰ ਦੀ ਸੇਵਾ ਕਰੀਂ, ਦੁੱਧ ਪੀਆਵਣਿ ਕਹਿ ਸਮਝਾਇਆ ॥ ਨਾਮਦੇਉ ਇਸ਼ਨਾਨੁ ਕਰਿ, ਕਪਲ ਗਾਇ ਦੁਹਿ ਕੈ ਲੈ ਆਇਆ ॥ ਠਾਕੁਰ ਨੋਂ ਨਾਵ੍ਹਾਲਿ ਕੈ, ਚਰਣੋਦਕੁ ਲੈ ਤਿਲਕੁ ਚੜ੍ਹਾਇਆ ॥ ਹੱਥ ਜੋੜਿ ਬਿਨਤੀ ਕਰੈ, ਦੁੱਧੁ ਪੀਅਹੁ ਜੀ ਗੋਬਿੰਦ ਰਾਇਆ ॥ ਨਿਹਚਉ ਕਰਿ ਆਰਾਧਿਆ, ਹੋਇ ਦਇਆਲੁ ਦਰਸੁ ਦਿਖਲਾਇਆ ॥ ਭਰੀ ਕਟੋਰੀ ਨਾਮਦੇਵ, ਲੈ ਠਾਕੁਰ ਨੋਂ ਦੁਧੁ ਪੀਆਇਆ ॥... ... ਭਗਤ ਜਨਾ ਦਾ ਕਰੇ ਕਰਾਇਆ ॥

ਬੋਲੀ ਵਲੋਂ ਬੇ-ਪਰਵਾਹੀ ਨਹੀਂ—

ਪਰ ਇਹ ਨਹੀਂ ਹੋ ਸਕਦਾ ਕਿ ਨਾਮਦੇਵ ਜੀ ਨੇ ਕਵਿਤਾ ਦੀ ਬੋਲੀ ਨੂੰ ਬੇ-ਪਰਵਾਹੀ ਨਾਲ ਵਰਤ ਕੇ ਲਫ਼ਜ਼ 'ਠਾਕੁਰ' ਅਤੇ 'ਹਰਿ, ਨਾਰਾਇਨ' ਨੂੰ ਇੱਕੋ ਹੀ ਭਾਵ ਵਿਚ ਵਰਤ ਦਿੱਤਾ ਹੋਵੇ । ਆਸਾ ਰਾਗ ਵਿਚ ਨਾਮਦੇਵ ਜੀ ਦਾ ਇਕ ਸ਼ਬਦ ਹੈ ਜਿੱਥੇ ਉਹ ਠਾਕੁਰ-ਪੂਜਾ ਦੀ ਨਿਖੇਧੀ ਕਰਦੇ ਹਨ । ਉਸ ਸ਼ਬਦ ਵਿਚ ਜਿਸ ਖ਼ੂਬੀ ਨਾਲ ਲਫ਼ਜ਼ 'ਠਾਕੁਰ' ਅਤੇ 'ਬੀਠੁਲ' ਦਾ ਨਿਖੇੜਾ ਕੀਤਾ ਹੋਇਆ ਹੈ, ਉੱਥੋਂ ਸਾਫ਼ ਦਿੱਸਦਾ ਹੈ ਕਿ ਨਾਮਦੇਵ ਜੀ ਨੇ ਆਪਣੀ ਬਾਣੀ ਵਿਚ ਕੋਈ ਭੀ ਲਫ਼ਜ਼ ਬੇ-ਪਰਵਾਹੀ ਨਾਲ ਨਹੀਂ ਵਰਤਿਆ । ਵੇਖੋ :—

ਆਨੀਲੇ ਕੁੰਭ ਭਰਾਈਲੇ ਊਦਕ, ਠਾਕੁਰ ਕਉ ਇਸਨਾਨੁ ਕਰਉ ॥ ਬਇਆਲੀਸ ਲਖ ਜੀ ਜਲ ਮਹਿ ਹੋਤੇ, ਬੀਠਲੁ ਭੈਲਾ ਕਾਇ ਕਰਉ ॥੧॥ ਜਤ੍ਰ ਜਾਉ ਤਤੁ ਬੀਠਲੁ ਭੈਲਾ ॥ ਮਹਾ ਅਨੰਦ ਕਰੇ ਸਦ ਕੇਲਾ ॥੧॥ਰਹਾਉ॥ ਆਨੀਲੇ ਫੂਲ ਪਰੋਈਲੇ ਮਾਲਾ, ਠਾਕੁਰ ਕੀ ਹਉ ਪੂਜ ਕਰਉ ॥ ਪਹਿਲੇ ਬਾਸੁ ਲਈ ਹੈ ਭਵਰਹ, ਬੀਠਲੁ ਭੈਲਾ ਕਾਇ ਕਰਉ ॥੨॥ ਆਨੀਲੇ ਦੂਧੁ ਰੀਧਾਈਲੇ ਖੀਰੰ, ਠਾਕੁਰ ਕਉ ਨੈਵੇਦੁ ਕਰਉ ॥ ਪਹਿਲੇ ਦੂਧੁ ਬਿਟਾਰਿਓ ਬਛੁਰੈ, ਬੀਠਲੁ ਭੈਲਾ ਕਾਇ ਕਰਉ ॥੩॥ ਈਭੈ ਬੀਠਲੁ ਊਭੈ ਬੀਠਲੁ, ਬੀਠਲ ਬਿਨੁ ਸੰਸਾਰੁ ਨਹੀ ॥ ਥਾਨ ਥਨੰਤਰਿ ਨਾਮਾ ਪ੍ਰਣਵੈ,, ਪੂਰਿ ਰਹਿਓ ਤੂੰ ਸਰਬ ਮਹੀ ॥੪॥੨॥

ਇਸ ਸ਼ਬਦ ਵਿਚ ਮੂਰਤੀ-ਪੂਜਕ ਦਾ ਪੱਖ ਦੱਸਣ ਵੇਲੇ ਲਫ਼ਜ਼ 'ਠਾਕੁਰ' ਵਰਤਦੇ ਹਨ, ਪਰ ਆਪਣਾ ਪੱਖ ਬਿਆਨ ਕਰਨ ਲੱਗਿਆਂ ਲਫ਼ਜ਼ "ਬੀਠਲੁ" । ਕਿਹੜਾ 'ਬੀਠਲ'? ਜੋ ਬਿਤਾਲੀ ਲੱਖ ਜੀਆਂ ਵਿਚ 'ਭੌਰਿਆਂ ਵਿਚ, ਵੱਛਿਆਂ ਵਿਚ ਤੇ ਥਾਨ ਥਨੰਤਰਿ' ਵਿਆਪਕ ਹੈ ।

ਸੋ, ਜੇ ਕਿਸੇ ਠਾਕੁਰ ਨੂੰ ਨਾਮਦੇਵ ਜੀ ਨੇ ਦੁੱਧ ਪਿਲਾਇਆ ਹੁੰਦਾ, ਜਾਂ ਕਿਸੇ ਠਾਕੁਰ ਦੇ ਬਹਾਨੇ ਭੀ ਪਿਆਇਆ ਹੁੰਦਾ, ਤਾਂ ਉਹ ਸਾਫ਼ ਲਫ਼ਜ਼ 'ਠਾਕੁਰ' ਵਰਤਦੇ ।

ਇਹ ਕਹਾਣੀ ਲਿਖਣ ਵਾਲੇ ਲਿਖਦੇ ਹਨ ਕਿ ਨਾਮਦੇਵ ਜੀ ਨੇ ਆਪਣੇ ਪਿਉ ਦੇ ਆਖੇ 'ਠਾਕੁਰ' ਨੂੰ ਦੁੱਧ ਪਿਲਾਇਆ ਸੀ । ਪਰ ਅਸੀ ਸ਼ੁਰੂ ਵਿਚ ਵੇਖ ਆਏ ਹਾਂ ਕਿ ਨਾਮਦੇਵ ਦਾ ਪਿਉ ਤਾਂ ਕੇਸ਼ੀ ਰਾਜ (ਸ਼ਿਵ) ਦਾ ਪੁਜਾਰੀ ਸੀ । ਅਸੀ ਇਹਨਾਂ ਲਫ਼ਜ਼ਾਂ ਨੂੰ ਐਵੇਂ ਸੁੱਟ ਨ ਪਾਈਏ । ਪੁੱਛੋ ਜਾ ਕੇ ਇਹਨਾਂ ਦੇਵਤਿਆਂ ਦੇ ਪੁਜਾਰੀਆਂ ਨੂੰ; 'ਸ਼ਿਵ' ਹੋਰ ਹੈ ਤੇ 'ਠਾਕੁਰ' ਹੋਰ ਹੈ ।

ਦੁੱਧ ਕਦੋਂ ਪਿਲਾਇਆ?

ਉਸ ਵੇਲੇ ਨਾਮਦੇਵ ਜੀ ਦੀ ਕੀਹ ਉਮਰ ਸੀ? ਕਿਹੀ ਆਤਮਕ ਅਵਸਥਾ ਸੀ?

ਕਈ ਸੱਜਣ ਖ਼ਿਆਲ ਕਰਦੇ ਹਨ ਕਿ ਨਾਮਦੇਵ ਜੀ ਨੇ ਬਾਲ-ਉਮਰੇ ਦੁੱਧ ਪਿਆਇਆ ਸੀ, ਉਸ ਤੋਂ ਪਿੱਛੋਂ ਜਦੋਂ ਭਗਤੀ-ਮਾਰਗ ਵਿਚ ਦ੍ਰਿੜ੍ਹ ਹੋ ਗਏ ਤਾਂ ਬਾਲ-ਉਮਰ ਵਾਲੀ ਉਹ ਹੱਡ-ਬੀਤੀ ਇਸ ਸ਼ਬਦ ਵਿਚ ਬਿਆਨ ਕੀਤੀ । ਉਹ ਸੱਜਣ ਇਹ ਭੀ ਖ਼ਿਆਲ ਕਰਦੇ ਹਨ ਕਿ ਭੋਲੇ ਸੁਭਾਵ ਵਿਚ 'ਠਾਕੁਰ' ਨੂੰ ਦੁੱਧ ਪਿਆਉਣ ਵਿਚ ਕਾਮਯਾਬ ਹੋ ਕੇ ਨਾਮਦੇਵ ਜੀ ਪ੍ਰਭੂ ਦੀ ਭਗਤੀ ਵਿਚ ਲੱਗ ਪਏ । ਦੂਜੇ ਲਫ਼ਜ਼ਾਂ ਵਿਚ ਇਹ ਕਹਿ ਲਵੋ ਕਿ ਨਾਮਦੇਵ ਜੀ ਨੂੰ ਠਾਕੁਰ-ਪੂਜਾ ਤੋਂ ਰੱਬ ਮਿਲਿਆ ਸੀ ।

ਪਰ ਇਹ ਇਕ ਉਲਟੀ ਜਿਹੀ ਖੇਡ ਜਾਪਦੀ ਹੈ । ਜਿਸ 'ਠਾਕੁਰ-ਪੂਜਾ' ਦੀ ਬਰਕਤ ਨਾਲ ਉਹਨਾਂ ਨੂੰ ਰੱਬ ਦੀ ਪ੍ਰਾਪਤੀ ਹੋਈ, ਉਸ ਨੂੰ ਉਹਨਾਂ ਉੱਪਰ-ਲਿਖੇ ਸ਼ਬਦ ਦੀ ਰਾਹੀਂ ਕਿਉਂ ਰੱਦਣਾ ਸੀ? 'ਠਾਕੁਰ-ਪੂਜਾ' ਨੇ ਤਾਂ ਸਗੋਂ ਵਿਚੋਲੇ ਦਾ ਕੰਮ ਕੀਤਾ ਸੀ, ਇਸ ਵਿਚੋਲੇ ਦਾ ਉਹਨਾਂ ਸਦਾ ਲਈ ਸ਼ੁਕਰ-ਗੁਜ਼ਾਰ ਰਹਿਣਾ ਸੀ । ਸਿੱਖ ਦਾ ਤਾਂ ਆਦਰਸ਼ ਹੀ ਇਹ ਦੱਸਿਆ ਜਾ ਰਿਹਾ ਹੈ ਕਿ ਜਿਸ ਵਿਚੋਲੇ (ਗੁਰੂ) ਦੀ ਰਾਹੀਂ ਉਹ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਉਸ ਗੁਰੂ ਦਾ ਉਸ ਨੇ ਸਦਾ ਲਈ ਹੋ ਕੇ ਰਹਿਣਾ ਹੈ ।

ਭੋਲਾ ਸੁਭਾਉ—

ਇਹ "ਭੋਲੇ ਸੁਭਾਉ" ਦਾ ਅਰਥ ਭੀ ਡਾਢਾ ਅਜੀਬ ਹੀ ਕੀਤਾ ਜਾ ਰਿਹਾ ਹੈ । ਆਖਦੇ ਹਨ ਕਿ "ਨਾਮਦੇਵ ਜੀ ਬਹੁਤ ਸਿਆਣੇ ਸਨ, ਉਹਨਾਂ ਨੂੰ ਇਹ ਭੀ ਪਤਾ ਨਹੀਂ ਸੀ ਜੁ ਠਾਕੁਰ ਦੁੱਧ ਪੀਂਦੇ ਨਹੀਂ ਹੁੰਦੇ, ਐਵੇਂ ਸਮਝ ਲਈਦਾ ਹੈ ਕਿ ਉਹ ਪੀ ਚੁਕੇ ਹਨ" । ਭਲਾ ਨਾਮਦੇਵ ਜੀ ਤਦੋਂ ਕਿਤਨੀ ਕੁ ਉਮਰ ਦੇ ਹੋਣਗੇ? ਢਾਈ ਤਿੰਨ ਸਾਲ ਦੀਆਂ ਬੱਚੀਆਂ ਗੁੱਡੀਆਂ ਨਾਲ ਖੇਡਦੀਆਂ ਹਨ, ਉਹਨਾਂ ਨੂੰ ਕੱਪੜੇ ਪਾਂਦੀਆਂ ਹਨ, ਗਹਿਣੇ ਪਾਂਦੀਆਂ ਹਨ, ਗੁੱਡੀ ਗੁੱਡੇ ਦਾ ਵਿਆਹ ਕਰਦੀਆਂ ਹਨ, ਨਿੱਕੀਆਂ ਨਿੱਕੀਆਂ ਟਿੱਕੀਆਂ ਆਟੇ ਦੀਆਂ ਬਣਾ ਕੇ, ਫ਼ਰਜ਼ੀ ਹੀ ਅੱਗ ਉੱਤੇ ਪਕਾ ਕੇ ਉਹਨਾਂ ਦੇ ਅੱਗੇ ਰੱਖਦੀਆਂ ਹਨ । ਪਰ ਜੇ ਤੁਸੀ ਉਹ ਟਿੱਕੀ ਰਤਾ ਕੁ ਲੈ ਕੇ ਉਹਨਾਂ ਦੀ ਗੁੱਡੀ ਦੇ ਮੂੰਹ ਵਿਚ ਪਾਓ, ਤਾਂ ਉਹ ਬੜਾ ਹੱਸਣਗੀਆਂ । ਪੁਛੋਂ ਕਿਉਂ ਹੱਸਦੀਆਂ ਹੋ? ਤੁਰਤ ਉੱਤਰ ਦੇਣਗੀਆਂ—ਇਹ ਕੋਈ ਖਾਂਦੀਆਂ ਤਾਂ ਨਹੀਂ ਨ । ਕੀ ਨਾਮਦੇਵ ਜੀ ਏਦੂੰ ਭੀ ਨਿੱਕੀ ਉਮਰ ਦੇ ਸਨ?

ਇਸ ਵਿਚ ਕੋਈ ਸ਼ੱਕ ਨਹੀਂ ਕਿ ਬਾਣੀ ਵਿਚ ਹੁਕਮ ਹੈ :—

"ਭੋਲੈ ਭਾਇ ਮਿਲੈ ਰਘੁਰਾਇਆ" ।

ਪਰ "ਭੋਲਾ ਸੁਭਾਉ" ਹੋਰ ਚੀਜ਼ ਹੈ ਤੇ "ਅਗਿਆਨਤਾ" ਹੋਰ ਹੈ—ਇਟ ਸਿ ਨੋਟ ਗਿਨੋਰਓਨਚੲ ਬੁਟ ਨਿਨੋਚੲਨਚੲ । ਸਿੱਖ ਨੇ ਪਰਮਾਤਮਾ ਦੇ ਚਰਨਾਂ ਵਿਚ ਜੁੜਨ ਲਈ 'ਬਾਲ-ਬੁਧਿ' ਬਣਨਾ ਹੈ, ਕਿਉਂਕਿ "ਚਤੁਰਾਈ ਨਹੀ ਚੀਨਿਆ ਜਾਇ" "ਅਗਿਆਨੀ" ਨਹੀ ਬਣਨਾ । ਉਹ 'ਬਾਲ-ਬੁਧਿ' ਕੀਹ ਹੈ? ਇਸ ਦਾ ਉੱਤਰ ਭਾਈ ਗੁਰਦਾਸ ਜੀ ਦੇਂਦੇ ਹਨ :—

ਜੈਸੇ ਏਕ ਜਨਨੀ ਕੋ ਹੋਤ ਹੈਂ ਅਨੇਕ ਸੁਤ, ਸਭ ਹੀ ਮਹਿ ਅਧਿਕ ਪਿਆਰੋ ਸੁਤੁ ਗੋਦ ਕੋ ॥ ਸਿਆਨੇ ਸੁਤ ਬਨਜ ਬਿਉਹਾਰ ਕੇ ਬੀਚਾਰ ਬਿਖੈ, ਗੋਦ ਮਹਿ ਅਚੇਤ ਹੇਤੁ ਸੰਪੈ ਨ ਸਹੋਦ ਕੋ ॥ ਪਲਨਾ ਸੁਆਇ ਮਾਇ ਗ੍ਰਿਹ ਕਾਜ ਲਾਗੈ ਜਾਇ, ਸੁਨਿ ਸੁਤ-ਰੁਦਨੁ ਪੈ ਪਿਆਵੈ ਮਨ ਮੋਦ ਕੋ ॥ ਆਪਾ ਖੋਇ ਜੋਇ ਗੁਰ-

ਚਰਨ ਸਰਨ ਗਹੈ, ਰਹੈ ਨਿਰਦੋਖ ਮੋਖ ਅਨਦ ਬਿਨੋਦ ਕੋ ॥

ਸੋ, ਸਿੱਖ-ਧਰਮ ਦਾ 'ਭੋਲਾ ਸੁਭਾਉ' ਕੀਹ ਹੈ? "ਆਪਾ ਗਵਾਉਣਾ" ।

ਪਰ ਦੁੱਧ ਪਿਆਲਣ ਬਾਰੇ ਜਿਸ ਗਵਾਹੀ ਦਾ ਹਵਾਲਾ ਅਸੀ ਉੱਪਰ ਦੇ ਆਏ ਹਾਂ ਉੱਥੇ ਤਾਂ ਇਉਂ ਲਿਖਿਆ ਹੈ :—

"ਨਿਹਚਉ ਕਰਿ ਆਰਾਧਿਆ, ਹੋਇ ਦਇਆਲੁ ਦਰਸੁ ਦਿਖਲਾਇਆ" ।

ਉਹ ਤਾਂ ਇਹੀ ਆਖਦੇ ਹਨ ਕਿ ਪਿਉ ਦੇ ਆਖੇ 'ਠਾਕੁਰ' ਨੂੰ ਦੁੱਧ ਪਿਆਉਣ ਗਏ, ਠਾਕੁਰ ਨੂੰ ਇਸ਼ਨਾਨ ਕਰਾਇਆ ਤੇ ਬੜੀ ਸ਼ਰਧਾ ਨਾਲ ਆਰਾਧਨਾ ਕੀਤੀ, ਜਿਸ ਦਾ ਨਤੀਜਾ ਇਹ ਨਿਕਲਿਆ ਕਿ ਠਾਕੁਰ ਨੇ ਸਾਖਿਆਤ ਦਰਸ਼ਨ ਦੇ ਦਿੱਤਾ ।

ਰਵਿਦਾਸ ਜੀ ਦੀ ਗਵਾਹੀ—

ਉਂਞ ਨਾਮਦੇਵ ਜੀ ਨੇ ਕਿਤੇ ਭੀ ਇਹ ਨਹੀਂ ਆਖਿਆ ਕਿ ਉਹਨਾਂ ਨੂੰ 'ਠਾਕੁਰ-ਪੂਜਾ' ਤੋਂ ਰੱਬ ਮਿਲਿਆ ਸੀ, ਜਾਂ ਉਹਨਾਂ ਕੋਈ ਠਾਕੁਰ-ਪੂਜਾ ਕਿਸੇ ਬਾਲ-ਉਮਰੇ ਕੀਤੀ ਸੀ ਤੇ ਹੁਣ ਉਹ ਹੱਡ-ਬੀਤੀ ਕਿਸੇ ਸ਼ਬਦ ਵਿਚ ਬਿਆਨ ਕਰ ਰਹੇ ਹਨ । ਦੁੱਧ ਪਿਲਾਉਣ ਬਾਰੇ ਭਗਤ ਰਵਿਦਾਸ ਜੀ ਨੇ ਗਵਾਹੀ ਦਿੱਤੀ ਹੈ । ਵੇਖੋ, ਰਾਗ ਆਸਾ ਵਿਚ ਉਹਨਾਂ ਦਾ ਸ਼ਬਦ :—

ਹਰਿ ਹਰਿ, ਹਰਿ ਹਰਿ, ਹਰਿ ਹਰਿ, ਹਰੇ ॥ ਹਰਿ ਸਿਮਰਤ ਜਨ ਗਏ ਨਿਸਤਰਿ ਤਰੇ ॥੧॥ਰਹਾਉ॥ ਹਰਿ ਕੇ ਨਾਮ ਕਬੀਰ ਉਜਾਗਰ ॥ ਜਨਮ ਜਨਮ ਕੇ ਕਾਟੇ ਕਾਗਰ ੧॥ ਨਿਮਤ ਨਾਮਦੇਉ ਦੂਧੁ ਪੀਆਇਆ ॥ ਤਉ ਜਗ ਜਨਮ ਸੰਕਟ ਨਹੀ ਆਇਆ ॥੨॥ ਜਨ ਰਵਿਦਾਸ ਰਾਮ ਰੰਗਿ ਰਾਤਾ ॥ ਇਉ ਗੁਰ ਪਰਸਾਦਿ ਨਰਕ ਨਹੀ ਜਾਤਾ ॥੩॥੫॥

ਹਰੇਕ ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ । ਇੱਥੇ ਰਵਿਦਾਸ ਜੀ ਨੇ ਹਰਿ-ਸਿਮਰਨ ਦੀ ਵਡਿਆਈ ਦੱਸੀ ਹੈ ਕਿ ਜਿਨ੍ਹਾਂ ਸੁਆਸ ਸੁਆਸ ਪ੍ਰਭੂ ਨੂੰ ਯਾਦ ਰੱਖਿਆ, ਉਹਨਾਂ ਨੂੰ ਜਗਤ ਦੀ ਮਾਇਆ ਵਿਆਪ ਨਹੀਂ ਸਕੀ । ਇਹ ਅਸੂਲ ਦੱਸ ਕੇ ਦੋ ਭਗਤਾਂ ਦੀ ਮਿਸਾਲ ਦੇਂਦੇ ਹਨ । ਕਬੀਰ ਨੇ ਭਗਤੀ ਕੀਤੀ, ਉਹ ਜਗਤ ਵਿਚ ਪਰਸਿੱਧ ਹੋਇਆ; ਨਾਮਦੇਵ ਨੇ ਭਗਤੀ ਕੀਤੀ ਤੇ ਪ੍ਰਭੂ ਨੂੰ ਵੱਸ ਵਿਚ ਕਰ ਲਿਆ, ਸਿਮਰਨ ਦੀ ਹੀ ਬਰਕਤ ਸੀ ਕਿ ਭਗਤ-ਅਧੀਨ ਹੋ ਕੇ ਹਰੀ ਨੇ ਉਸ ਦੇ ਹੱਥੋਂ ਦੁੱਧ ਪੀਤਾ । ਇਸ ਸ਼ਬਦ ਵਿਚ ਦੋ ਗੱਲਾਂ ਬਿਲਕੁਲ ਸਾਫ਼ ਹਨ । ਇੱਕ ਇਹ ਕਿ ਨਾਮਦੇਵ ਨੇ ਕਿਸੇ ਠਾਕੁਰ-ਮੂਰਤੀ ਨੂੰ ਦੁੱਧ ਨਹੀਂ ਪਿਆਇਆ; ਦੂਜੀ, ਦੁੱਧ ਪਿਲਾਉਣ ਤੋਂ ਪਿਛੋਂ ਭਗਤੀ ਦੀ ਲਾਗ ਨਹੀਂ ਲੱਗੀ, ਪਹਿਲਾਂ ਹੀ ਉਹ ਪਰਵਾਨ ਭਗਤ ਸੀ । ਤੇ ਜੋ ਨਾਮਦੇਵ ਜੀ ਕਿਸੇ 'ਠਾਕੁਰ' ਨੂੰ ਦੁੱਧ ਪਿਲਾਉਣ ਬਾਰੇ (ਆਸਾ ਰਾਗ ਦੇ ਸ਼ਬਦ ਦੀ ਰਾਹੀਂ) ਆਪਣੇ ਖੁਲ੍ਹੇ ਖ਼ਿਆਲ ਦੱਸ ਰਹੇ ਹਨ, ਉਹਨਾਂ ਸੰਬੰਧੀ ਇਹ ਨਹੀਂ ਮੰਨਿਆ ਜਾ ਸਕਦਾ ਕਿ ਪ੍ਰਭੂ ਦਾ ਅਨੰਨ ਭਗਤ ਹੁੰਦਿਆਂ ਉਹ ਕਿਸੇ 'ਠਾਕੁਰ-ਮੂਰਤੀ' ਨੂੰ ਕਿਸੇ ਦੇ ਭੀ ਆਖੇ ਦੁੱਧ ਪਿਲਾਉਣ ਲਈ ਗਏ ਹੋਣ ।

ਕਿਸ ਮੰਦਰ ਵਿਚ?

ਨਾਮਦੇਵ ਜੀ ਕਿਸ ਮੰਦਰ ਵਿਚ 'ਠਾਕੁਰ' ਨੂੰ ਦੁੱਧ ਪਿਲਾਉਣ ਗਏ? ਜੇ ਨਾਮਦੇਵ ਜੀ (ਜਾਂ, ਜਿਵੇਂ ਕਹਾਣੀ ਸੁਣਾਣ ਵਾਲੇ ਦੱਸਦੇ ਹਨ, ਉਹਨਾਂ ਦੇ ਪਿਤਾ) ਕਿਸੇ ਮੰਦਰ ਵਿਚ ਹਰ ਰੋਜ਼ ਜਾ ਕੇ ਠਾਕੁਰ-ਪੂਜਾ ਕਰਦੇ ਹੁੰਦੇ, ਤਾਂ ਨਾਮਦੇਵ ਜੀ ਨੂੰ ਇਸ ਕਾਰਨ ਉਸ ਮੰਦਰ ਤੋਂ ਧੱਕੇ ਨਾ ਪੈਂਦੇ ਕਿ ਉਹ ਸ਼ੂਦਰ ਸੀ । ਅਸਾਡੇ ਸਾਹਮਣੇ ਨਾਮਦੇਵ ਜੀ ਸੰਬੰਧੀ ਦੋ ਘਟਨਾਂ ਹਨ—(੧) ਮੰਦਰ ਤੋਂ ਧੱਕੇ ਪੈਣੇ, (੨) ਠਾਕੁਰ ਨੂੰ ਦੁੱਧ ਪਿਲਾਉਣਾ । ਇਹਨਾਂ ਵਿਚੋਂ ਪਹਿਲੀ ਕਿਹੜੀ ਹੋ ਸਕਦੀ ਹੈ? ਜੇ ਪਹਿਲਾਂ ਧੱਕੇ ਪਏ, ਤਾਂ ਉਸ ਸ਼ੂਦਰ ਨੂੰ ਦੂਜੀ ਵਾਰੀ ਦੁੱਧ ਪਿਲਾਣ ਦੀ ਆਗਿਆ ਕਿਸ ਨੇ ਦਿੱਤੀ? । ਜੇ ਨਾਮਦੇਵ ਨੂੰ ਧੱਕੇ ਪੈ ਸਕਦੇ ਸਨ, ਤਾਂ ਉਸ ਦੇ ਪਿਉ ਨੂੰ ਮੰਦਰ ਜਾਣ ਦੀ ਕਿਵੇਂ ਆਗਿਆ ਹੋ ਸਕਦੀ ਸੀ? ਤੇ ਜੇ ਭਗਤ ਜੀ ਦੇ ਦੁੱਧ ਪਿਲਾਣ ਦੀ ਸਾਖੀ ਪਹਿਲਾਂ ਹੋ ਚੁਕੀ ਹੈ, ਉਸ ਦੇ ਪਿਤਾ ਜੀ ਭੀ ਰੋਜ਼ ਉਸੇ ਮੰਦਰ ਵਿਚ ਠਾਕੁਰ-ਪੂਜਾ ਕਰਨ ਜਾਂਦੇ ਸਨ, ਫਿਰ ਨਾਮਦੇਵ ਨੂੰ ਧੱਕੇ ਕਿਉਂ ਪੈਣੇ ਸਨ? ਉਹ ਅਤੇ ਉਹਨਾਂ ਦੇ ਪਿਤਾ ਜੀ ਤਾਂ ਅੱਗੇ ਭੀ ਮੰਦਰ ਵਿਚ ਜਾਇਆ ਕਰਦੇ ਸਨ । ਸੋ ਇਹ ਗੱਲ ਗ਼ਲਤ ਹੈ ਕਿ ਨਾਮਦੇਵ ਜੀ ਕਿਸੇ ਮੰਦਰ ਵਿਚ ਕਿਸੇ ਦੇ ਕਹੇ ਦੁਧ ਪਿਲਾਉਣ ਗਏ ਸਨ ।

ਘਰ ਵਿਚ ਹੀ ਠਾਕੁਰ-ਮੂਰਤੀ—

ਕੀ ਨਾਮਦੇਵ ਜੀ ਦੇ ਪਿਤਾ ਨੇ ਆਪਣੇ-ਘਰ ਵਿਚ 'ਠਾਕੁਰ' ਰੱਖੇ ਹੋਏ ਸਨ?

ਇਹ ਗੱਲ ਭੀ ਬੜੀ ਅਨਹੋਣੀ ਜਾਪਦੀ ਹੈ । ਇੱਕ ਪਾਸੇ ਤਾਂ ਧਰਮ ਦੇ ਰਾਖੇ ਦੇਵਤਾ ਜੀ ਸ਼ੂਦਰਾਂ ਨੂੰ ਕਿਸੇ ਮੰਦਰ ਵਿਚ ਜਾਣ ਦੀ ਆਗਿਆ ਨਹੀਂ ਦੇਂਦੇ । 'ਠਾਕੁਰਾਂ' ਦੀ ਪੂਜਾ ਦਾ ਅਧਿਕਾਰ ਸਿਰਫ਼ ਬ੍ਰਾਹਮਣ, ਖੜ੍ਹੀ ਤੇ ਵੈਸ਼ ਨੂੰ ਹੀ ਹੈ । ਭਲਾ, ਉਹਨਾਂ 'ਠਾਕੁਰਾਂ' ਦੀ ਪੂਜਾ ਕਰਨ ਖੁਣੋਂ ਸ਼ੂਦਰਾਂ ਦਾ ਕੀਹ ਥੁੜਿਆ ਪਿਆ ਹੈ ਕਿ ਉਹ ਆਪਣੇ ਘਰ ਵਿਚ 'ਠਾਕੁਰ' ਰੱਖ ਲੈਣ? ਸੰਨ ੧੯੨੧ ਤੋਂ ਪਹਿਲਾਂ ਦਾ ਜ਼ਿਕਰ ਹੈ, ਅਜੇ ਗੁਰਦੁਆਰਾ-ਲਹਿਰ ਸ਼ੁਰੂ ਨਹੀਂ ਸੀ ਹੋਈ । ਸਿੱਖ ਅਖ਼ਬਾਰਾਂ ਦੀ ਰਾਹੀਂ ਇਕ ਦੁਰਘਟਨਾ ਸੁਣਨ ਵਿਚ ਆਈ ਸੀ । ਇਕ "ਮਜ਼ਹਬੀ" ਫ਼ੌਜੀ ਸਰਦਾਰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦਰਸ਼ਨ ਕਰਨ ਆਇਆ, ਉਸ ਨੂੰ ਅੰਦਰੋਂ ਧੱਕੇ ਪਏ, ਉਸ ਦੀ ਨਿਰਾਦਰੀ ਹੋਈ । ਇਸ ਬੇ-ਇੱਜ਼ਤੀ ਨੂੰ ਨਾ ਸਹਾਰ ਕੇ ਉਹ ਤੁਰਤ ਸਿੱਖ-ਧਰਮ ਨੂੰ ਜਵਾਬ ਦੇ ਕੇ ਵਲੈਤੀ ਟੋਪ ਪਾ ਆਏ । ਉਸ ਵੇਲੇ ਦੀ ਹਾਸੋ-ਹੀਣੀ ਹਾਲਤ ਅਨੁਸਾਰ ਹੁਣ ਉਸ ਸਾਹਿਬ ਦਾ ਆਦਰ-ਸਤਿਕਾਰ ਹੋਇਆ । ਰੋਹ ਵਿਚ ਆ ਕੇ ਫ਼ੌਜ਼ੀ ਸਰਦਾਰ ਨੇ ਚੰਗੀਆਂ ਖਰੀਆਂ ਖਰੀਆਂ ਉਹਨਾਂ ਸਿੱਖ-ਧਰਮ ਦੇ ਰਾਖਿਆਂ ਨੂੰ ਸੁਣਾਈਆਂ । ਇਹ ਹਾਲਤ ਤਾਂ ਉਦੋਂ ਦੀ ਸੀ ਜਿੱਥੇ ਗੁਰੂ ਨਾਨਕ ਪਾਤਿਸ਼ਾਹ ਦੀ ਬਰਕਤ ਨਾਲ ਇਹ ਤੰਗ-ਦਿਲੀ ਕਾਫ਼ੀ ਘਟ ਚੁਕੀ ਸੀ । ਪਰ ਜਿਸ ਇਲਾਕੇ ਵਿਚ ਖ਼ਾਸ ਖ਼ਾਸ ਸੜਕਾਂ ਉੱਤੇ ਸ਼ੂਦਰ, ਥੋਹੜੇ ਹੀ ਸਾਲ ਹੋਏ ਹਨ ਕਿ, ਪੈਰ ਨਹੀਂ ਰੱਖ ਸਕਦੇ ਸਨ, ਨਾਮਦੇਵ ਦੇ ਜ਼ਮਾਨੇ ਵਿਚ ਉੱਥੋਂ ਦੀ ਕੇਹੀ ਹਾਲਤ ਹੋਵੇਗੀ, ਇਹ ਅੰਦਾਜ਼ਾ ਅਸੀ ਪੰਜਾਬ-ਵਾਸੀ ਨਹੀਂ ਲਗਾ ਸਕਦੇ । ਨਾਮਦੇਵ ਦੇ ਪਿਤਾ ਨੇ ਅਜਿਹੇ ਲੋਕਾਂ ਦੇ 'ਠਾਕੁਰ' ਪਾਸੋਂ ਕੀਹ ਲੈਣਾ ਸੀ ਕਿ ਆਪਣੇ ਘਰ ਵਿਚ ਰੱਖ ਲੈਂਦਾ? ਪਰ ਨਿਰੀ ਇਹੀ ਗੱਲ ਨਹੀਂ । ਜੋ ਬ੍ਰਾਹਮਣ ਉਹਨਾਂ ਨੂੰ ਮੰਦਰ ਵਿਚ ਰੱਖੇ ਹੋਏ 'ਠਾਕੁਰ' ਦੇ ਨੇੜੇ ਨਹੀਂ ਜਾਣ ਦੇਂਦੇ, ਉਹ ਉਹਨਾਂ ਸ਼ੂਦਰਾਂ ਨੂੰ ਘਰ ਵਿਚ ਰੱਖ ਕੇ ਠਾਕੁਰ ਦੀ ਨਿਰਾਦਰੀ ਕਰਨ ਦੀ ਆਗਿਆ ਕਿਵੇਂ ਦੇ ਸਕਦੇ ਸਨ?

ਸੰਨ ੧੯੩੯ ਦਾ ਜ਼ਿਕਰ ਹੈ, ਪੰਜਾਬ ਦੇ ਇੱਕ ਪਿੰਡ ਵਿਚ ਇਕ ਅਜੀਬ ਝਗੜਾ ਹੋਇਆ ਸੁਣਿਆ ਗਿਆ । ਪਿੰਡ ਦੇ "ਮਜ਼ਹਬੀ" ਸਿੰਘਾਂ ਨੇ ਆਪਣਾ ਵੱਖਰਾ ਗੁਰਦੁਆਰਾ ਬਣਾਇਆ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਮੁੱਲ ਲਿਆਏ । ਪਰ ਪਿੰਡ ਦੇ ਅਸਲੀ ਸਿੰਘਾਂ (ਉੱਚ-ਜਾਤੀਏ ਸਿੰਘਾਂ) ਨੇ ਉਹਨਾਂ ਦੀ ਚੰਗੀ ਮਾਰ-ਕੁਟਾਈ ਕੀਤੀ, ਸਿਰਫ਼ ਇਸ ਅਪਰਾਧ ਪਿੱਛੇ ਕਿ ਉਹਨਾਂ ਲੋਕਾਂ ਨੇ ਗੁਰੂ ਗ੍ਰੰਥ ਸਾਹਿਬ ਨੂੰ 'ਭਿੱਟ' ਦਿੱਤਾ ਸੀ । ਗੁਰਦੁਆਰਾ-ਲਹਿਰ ਦੀ ਰਾਹੀਂ ਸਾਰੀ ਸਿੱਖ ਕੌਮ ਵਿਚ ਜਾਗ੍ਰਤ ਆ ਜਾਣ ਤੇ ਭੀ, ਉਸ ਸਤਿਗੁਰੂ ਦੇ ਨਾਮ-ਲੇਵਾ ਸਿੱਖਾਂ ਵਿਚ ਇਹ ਤੰਗ-ਦਿਲੀ ਵੇਖੀ ਗਈ, ਜੋ ਵੱਜ-ਵਜਾ ਕੇ "ਨੀਚਾਂ" ਨਾਲ ਪਿਆਰ ਕਰਦਾ ਰਿਹਾ । ਨਾਮਦੇਵ ਤੇ ਨਾਮਦੇਵ ਦੇ ਪਿਉ ਨੂੰ ਆਪਣੇ ਘਰ ਵਿਚ 'ਠਾਕੁਰ' ਰੱਖਣ ਦੀ ਆਗਿਆ ਮਿਲ ਗਈ ਹੋਵੇਗੀ?

ਸੋ, ਨਾ ਤਾਂ ਨਾਮਦੇਵ ਜੀ ਕਿਸੇ ਮੰਦਰ ਵਿਚ 'ਠਾਕੁਰ' ਨੂੰ ਦੁੱਧ ਪਿਲਾਉਣ ਗਏ ਤੇ ਨਾ ਹੀ ਉਹਨਾਂ ਕੋਈ 'ਠਾਕੁਰ' ਆਪਣੇ ਘਰ ਵਿਚ ਰੱਖਿਆ ਹੋਇਆ ਸੀ । ਪੰਜਾਬ ਵਿਚ ਹੀ ਆਪਣੇ ਆਂਢ-ਗੁਆਂਢ ਧਿਆਨ ਮਾਰ ਕੇ ਵੇਖੋ । ਕਿਤਨੇ ਕੁ ਵਰਜਿਤ ਨੀਵੀਂ ਜਾਤ ਵਾਲਿਆਂ ਨੇ ਆਪਣੇ ਘਰਾਂ ਵਿਚ 'ਠਾਕੁਰ' ਰੱਖੇ ਹੋਏ ਹਨ ਤੇ ਮੰਦਰ ਦੇ ਥਾਂ ਆਪਣੇ ਹੀ ਘਰ ਪੂਜਾ ਕਰ ਲੈਂਦੇ ਹਨ?

ਸੋਨੇ ਦੀ ਕਟੋਰੀ?

ਫਿਰ ਇਕ ਹੋਰ ਗੱਲ ਹੈਰਾਨੀ ਵਾਲੀ ਹੈ । ਨਾਮਦੇਵ ਜੀ ਲਿਖਦੇ ਹਨ—

"ਸੁਇਨ ਕਟੋਰੀ ਅੰਮ੍ਰਿਤ ਭਰੀ ॥ ਲੈ ਨਾਮੇ ਹਰਿ ਆਗੈ ਧਰੀ ॥"

ਜੇ ਘਰ ਵਿਚ ਹੀ 'ਠਾਕੁਰ' ਰੱਖੇ ਹੋਏ ਸਨ, ਤਾਂ ਕੀ ਨਾਮਦੇਵ ਜੀ ਚੰਗੇ ਧਨੀ ਸਨ ਕਿ 'ਠਾਕੁਰ' ਨੂੰ ਦੁੱਧ ਪਿਲਾਣ ਲਈ ਉਹਨਾਂ ਸੋਨੇ ਦੀ ਕਟੋਰੀ ਬਣਵਾਈ ਹੋਈ ਸੀ? ਉਂਞ ਜੇ ਨਾਮਦੇਵ ਜੀ ਦੀ ਗੱਲ ਉੱਤੇ ਇਤਬਾਰ ਕਰਨਾ ਹੈ ਤਾਂ ਉਹਨਾਂ ਇਹ "ਸੁਇਨ ਕਟੋਰੀ" ਕਿਸੇ 'ਠਾਕੁਰ' ਅੱਗੇ ਨਹੀਂ ਸੀ ਰੱਖੀ । ਉਹ ਤਾਂ "ਹਰਿ ਆਗੈ ਧਰੀ" ਸੀ । ਹਾਂ, ਸਵਾਲ ਇਹ ਸੀ ਕਿ ਕੀ ਨਾਮਦੇਵ ਜੀ ਸੱਚ-ਮੁਚ ਪੈਸੇ ਵਾਲੇ ਸਨ ਕਿ ਕਟੋਰੀ ਸੋਨੇ ਦੀ ਬਣਵਾਈ ਹੋਈ ਸੀ । ਹੋ ਸਕਦਾ ਹੈ ਕਿ ਆਪਣੇ ਇਸ਼ਟ ਦੀ ਪੂਜਾ ਲਈ ਪੈਸੇ ਜੋੜ ਜੋੜ ਕੇ ਸੋਨੇ ਦੀ ਕਟੋਰੀ ਬਣਵਾ ਲਈ ਹੋਵੇ । ਪਰ ਕੀ ਨਾਮਦੇਵ ਜੀ ਕੱਪੜੇ ਸੀਉਣ ਲਈ ਭੀ ਸੋਨੇ ਦੀ ਸੂਈ ਹੀ ਵਰਤਦੇ ਸਨ? ਉਹ ਆਪ ਲਿਖਦੇ ਹਨ—

"ਸੋਨੇ ਕੀ ਸੂਈ ਰੁਪੇ ਕਾ ਧਾਗਾ ॥
ਨਾਮੇ ਕਾ ਚਿਤੁ ਹਰਿ ਸਿਉ ਲਾਗਾ ॥"

ਜੇ ਨਿਰੀ 'ਸੂਈ' ਦਾ ਜ਼ਿਕਰ ਹੁੰਦਾ ਤਾਂ ਸ਼ਾਇਦ ਮੰਨਣਾ ਪੈ ਜਾਂਦਾ, ਪਰ 'ਚਾਂਦੀ' ਦਾ ਧਾਗਾ ਤਾਂ ਵਰਤਿਆ ਜਾ ਹੀ ਨਹੀਂ ਸਕਦਾ । ਇੱਥੇ ਤਾਂ ਗੱਲ ਹੋਰ ਹੀ ਹੈ । ਜਿਵੇਂ ਕੱਪੜਾ ਸੀਊਣ ਵੇਲੇ 'ਸੂਈ' ਅੱਗੇ ਅੱਗੇ ਤੁਰਦੀ ਹੈ ਤੇ ਉਸ ਦੇ ਪਿੱਛੇ ਪਿੱਛੇ 'ਧਾਗਾ' ਤੁਰ ਕੇ ਕੱਪੜੇ ਨੂੰ ਸੀਉਂ ਦੇਂਦਾ ਹੈ, ਤਿਵੇਂ 'ਗੁਰੂ ਦਾ ਸ਼ਬਦ' ਅੱਗੇ ਅੱਗੇ ਚੱਲ ਕੇ ਸਿੱਖ ਦੀ ਸੁਰਤਿ ਨੂੰ ਵਿੰਨ੍ਹ ਕੇ ਉੱਚਾ ਕਰ ਕੇ, ਪਵਿੱਤਰ ਕਰ ਕੇ, ਸ਼ੁਧ ਬਣਾ ਕੇ, ਜਿੰਦ ਨੂੰ ਪ੍ਰਭੂ-ਚਰਨਾਂ ਨਾਲ ਸੀਉਂ ਦੇਂਦਾ ਹੈ । ਇਸੇ ਤਰ੍ਹਾਂ "ਸੁਇਨ ਕਟੋਰੀ" ਤੋਂ ਭਾਵ ਹੈ "ਸਤਿਗੁਰੂ ਦੇ ਸ਼ਬਦ ਦੀ ਬਰਕਤ ਨਾਲ ਪਵਿੱਤਰ ਹੋਇਆ ਹੋਇਆ ਹਿਰਦਾ" ।

ਘਰ ਕੋ ਬਾਪੁ—

ਦੁੱਧ ਪਿਲਾਉਣ ਵਾਲੇ ਸ਼ਬਦ ਨੂੰ ਰਤਾ ਗਹੁ ਨਾਲ ਪੜ੍ਹੀਏ । 'ਨਾਹੀ ਤ ਘਰ ਕੋ ਬਾਪੁ ਰਿਸਾਇ'—ਨਿਰੇ ਇਹੀ ਲਫ਼ਜ਼ ਪੜ੍ਹ ਕੇ ਇਹ ਸਾਖੀ ਚੱਲ ਪਈ ਜਾਪਦੀ ਹੈ ਕਿ ਨਾਮਦੇਵ ਦੇ ਪਿਉ ਨੇ ਵਾਂਢੇ ਜਾਣ ਲੱਗਿਆਂ 'ਠਾਕੁਰਾਂ' ਨੂੰ ਦੁੱਧ ਪਿਆਉਣ ਦਾ ਕੰਮ ਨਾਮਦੇਵ ਨੂੰ ਸੌਂਪਿਆ । ਪਰ, ਅਜਿਹੇ ਲਫ਼ਜ਼ ਤਾਂ ਗੁਰਬਾਣੀ ਵਿਚ ਹੋਰ ਭੀ ਕਈ ਥਾਈਂ ਆਉਂਦੇ ਹਨ; ਜਿਵੇਂ :—

'ਸਉਕਨਿ ਘਰ ਕੀ ਕੰਤਿ ਤਿਆਗੀ' {ਆਸਾ ਮਹਲਾ ੫
'ਘਰ ਕੇ ਜਿਠੇਰੇ ਕੀ ਚੂਕੀ ਕਾਣਿ' {ਆਸਾ ਮਹਲਾ ੫
'ਘਰ ਕੀ ਨਾਇਕਿ ਘਰ ਵਾਸੁ ਨ ਦੇਵੈ' {ਆਸਾ ਮਹਲਾ ੫
'ਘਰ ਕੀ ਬਿਲਾਈ ਅਵਰ ਸਿਖਾਈ ਮੂਸਾ ਦੇਖਿ ਡਰਾਈ ਰੇ' {ਆਸਾ ਮਹਲਾ ੫
'ਘਰਿ ਵਾਸੁ ਨ ਦੇਵੈ ਦੁਤਰ ਮਾਈ' {ਸੂਹੀ ਮਹਲਾ ੫
'ਘਰਿ ਰਹੁ ਰੇ ਮਨ ਮੁਗਧ ਇਆਨੈ' {ਮਾਰੂ ਮ: ੧
'ਘਰੁ ਮੇਰਾ ਇਹ ਨਾਇਕਿ ਹਮਾਰੀ' {ਆਸਾ ਮ: ੫
'ਘਰੁ ਮਹਿ ਪੰਚ ਵਰਤਦੇ ਪੰਚੇ ਵੀਚਾਰੀ' {ਆਸਾ ਮ: ੩
'ਘਰ ਮਹਿ ਨਿਜ ਘਰੁ ਪਾਇਆ, ਸਤਿਗੁਰੁ ਦੇਇ ਵਡਾਈ' {ਵਡਹੰਸੁ ਮ: ੩
'ਘਰ ਮਹਿ ਠਾਕੁਰੁ ਨਦਰਿ ਨ ਆਵੈ' {ਸੂਹੀ ਮ: ੫

ਅਜਿਹੇ ਹੋਰ ਕਈ ਪ੍ਰਮਾਣ ਗੁਰੂ ਗ੍ਰੰਥ ਸਾਹਿਬ ਵਿਚੋਂ ਮਿਲ ਸਕਦੇ ਹਨ ਜਿਨ੍ਹਾਂ ਤੋਂ ਸਾਫ਼ ਸਾਬਤ ਹੁੰਦਾ ਹੈ ਕਿ ਇੱਥੇ ਲਫ਼ਜ਼ 'ਘਰ' ਦਾ ਅਰਥ 'ਸਰੀਰ' ਹੈ । ਇਸੇ ਤਰ੍ਹਾਂ ਨਾਮਦੇਵ ਜੀ ਦੀ ਇਸ ਤੁਕ 'ਨਾਹੀ ਤ ਘਰ ਕੋ ਬਾਪੁ ਰਿਸਾਇ' ਵਿਚ 'ਘਰ ਕੋ ਬਾਪੁ' ਦਾ ਅਰਥ ਹੈ, 'ਆਤਮਾ, ਜਿੰਦ, ਮਨ' । ਲਫ਼ਜ਼ 'ਰਿਸਾਇ' ਦਾ ਭੀ ਖ਼ਿਆਲ ਰੱਖਣਾ । 'ਰੁੱਸਣਾ' ਨਹੀਂ {ਵੇਖੋ ਅਰਥਾਂ ਵਿਚ} ।

ਦੁੱਧ ਕਿਸ ਨੂੰ ਪਿਲਾਇਆ—

ਇਸ ਸਾਰੀ ਵਿਚਾਰ ਦੇ ਹੁੰਦਿਆਂ ਭੀ ਇਸ ਗੱਲ ਤੋਂ ਇਨਕਾਰ ਨਹੀਂ ਹੋ ਸਕਦਾ ਕਿ ਨਾਮਦੇਵ ਜੀ ਨੇ ਦੁੱਧ ਪਿਲਾਇਆ ਸੀ, ਕਿਉਂਕਿ ਇਸ ਗੱਲ ਦਾ ਜ਼ਿਕਰ

ਉਹਨਾਂ ਦੇ ਸ਼ਬਦ ਵਿਚ ਭੀ ਹੈ ਤੇ ਭਗਤ ਰਵਿਦਾਸ ਜੀ ਭੀ ਗਵਾਹੀ ਦੇਂਦੇ ਹਨ । ਫਿਰ ਦੁੱਧ ਕਿਸ ਨੂੰ ਪਿਲਾਇਆ, ਕਿਵੇਂ ਪਿਲਾਇਆ? ਇਹ ਗੱਲ ਸਮਝਣ ਲਈ ਗੁਰ-ਇਤਿਹਾਸ ਵਲ ਝਾਤੀ ਮਾਰੀਏ ।

ਗੁਰੂ ਹਰਿ ਗੋਬਿੰਦ ਸਾਹਿਬ ਦਾ ਸਾਂਢੂ ਭਾਈ ਸਾਈਂ ਦਾਸ ਡਰੌਲੀ ਦਾ ਰਹਿਣ ਵਾਲਾ ਸੀ । ਸਾਕੋਂ ਤਾਂ ਇਹ ਸਾਂਢੂ ਸੀ, ਪਰ ਹੈ ਸੀ ਸਤਿਗੁਰਾਂ ਦੇ ਚਰਨਾਂ ਦਾ ਭੌਰਾ । ਬੜਾ ਡੂੰਘਾ ਤੇ ਸੁੱਚਾ ਪਿਆਰ ਸੀ ਸਤਿਗੁਰੂ ਜੀ ਨਾਲ ਇਸ ਦਾ । ਭਾਈ ਸਾਈਂ ਦਾਸ ਨੇ ਰਿਹਾਇਸ਼ ਲਈ ਨਵਾਂ ਘਰ ਬਣਾਇਆ । ਲੋਕ ਨਵੇਂ ਮਕਾਨਾਂ ਦੀ ਚੱਠ ਕਰਦੇ ਹਨ । ਸਾਈਂ ਦਾਸ ਜੀ ਦੇ ਦਿਲ ਵਿਚ ਤਰੰਗ ਉੱਠਿਆ—ਪਹਿਲਾਂ ਸਤਿਗੁਰੂ ਜੀ ਆ ਕੇ ਚਰਨ ਪਾਣ, ਘਰ ਪਵਿੱਤਰ ਹੋ ਜਾਏ, ਫਿਰ ਇਸ ਵਿਚ ਵੱਸੋਂ ਕਰਾਂਗੇ । ਸਾਕ ਬੜਾ ਨੇੜੇ ਦਾ ਸੀ, ਸੁਨੇਹਾ ਭੇਜ ਸਕਦਾ ਸੀ । ਪਰ ਸਾਈਂ ਦਾਸ ਦੇ ਤਾਂ ਉਹ ਦਿਲ ਦੇ ਪਾਤਿਸ਼ਾਹ ਸਨ । ਸੁਨੇਹਾ ਭੇਜਣ ਵਿਚ ਪਾਤਿਸ਼ਾਹ ਦੀ ਨਿਰਾਦਰੀ ਸਮਝਦਾ ਸੀ । ਆਖੇ—ਉਹ ਦਿਲਾਂ ਦੀ ਜਾਣਨ ਵਾਲਾ ਹੈ, ਆਪੇ ਮਿਹਰ ਕਰੇਗਾ ਤੇ ਦਰਸ਼ਨ ਬਖ਼ਸ਼ੇਗਾ । ਘਰ ਤਿਆਰ ਹੈ; ਪਰ ਸਾਈਂ ਦਾਸ ਆਪਣੇ ਪ੍ਰੀਤਮ ਦੀ ਉਡੀਕ ਵਿਚ ਹੈ; ਇਧਰ ਭੀ—

"ਏਕ ਸਮੈ ਮੋ ਕਉ ਗਹਿ ਬਾਂਧੈ ਤਉ ਫੁਨਿ ਮੋ ਪੈ ਜਬਾਬੁ ਨ ਹੋਇ ॥"

ਸ੍ਰੀ ਅੰਮ੍ਰਿਤਸਰ ਵਿਚ ਬੈਠੇ ਸਤਿਗੁਰੂ ਜੀ ਦੇ ਅੰਦਰ ਭੀ ਖਿੱਚ ਪੈਣ ਲੱਗ ਪਈ । ਇਕ ਹੋਰ ਚਰਨ-ਭੌਰਾ ਨਾਨਕ-ਮਤੇ ਬੈਠਾ ਉਡੀਕ ਰਿਹਾ ਸੀ । ਸੋ, ਹਜ਼ੂਰ ਪਹਿਲਾਂ ਨਾਨਕ-ਮਤੇ ਅੱਪੜੇ, ਪਰਵਾਰ ਨੂੰ ਸਿੱਧਾ ਡਰੌਲੀ ਭੇਜ ਦਿੱਤਾ ਤੇ ਨਾਨਕ-ਮਤੇ ਤੋਂ ਵੇਹਲੇ ਹੋ ਕੇ ਆਪ ਭੀ ਇੱਥੇ ਆਏ । ਭਾਈਂ ਸਾਈਂ ਦਾਸ ਨੇ ਇਸ ਤਰ੍ਹਾਂ ਸਿਦਕ-ਪਿਆਰ ਨਾਲ ਸਤਿਗੁਰੂ ਜੀ ਨੂੰ ਆਪਣੇ ਹਿਰਦੇ-ਤਖ਼ਤ ਉੱਤੇ ਬਿਠਾਇਆ ਹੋਇਆ ਸੀ ਕਿ ਉਸ ਨੇ ਭਗਤ ਨਾਮਦੇਵ ਜੀ ਦੇ ਇਸ ਉੱਤਮ ਵਾਕ ਨੂੰ ਸਹੀ ਕਰ ਵਿਖਾਇਆ—

"ਮੇਰੀ ਜੀਵਨਿ ਮੇਰੇ ਦਾਸ ॥"

ਰਹਿੰਦੀ ਦੁਨੀਆ ਤਕ ਭਾਈ ਸਾਈਂ ਦਾਸ ਦਾ ਜੀਵਨ ਮਨੁੱਖਤਾ ਲਈ ਚਾਨਣ-ਮੁਨਾਰੇ ਦਾ ਕੰਮ ਕਰਦਾ ਰਹੇਗਾ ।

ਪ੍ਰੇਮ-ਤਣਾਵਾਂ—

ਜੇਠ ਹਾੜ ਦੇ ਦਿਨ ਸਨ । ਦੋ ਗ਼ਰੀਬੜੇ ਬੰਦੇ, ਇੱਕ ਪਿਉ ਤੇ ਦੂਜਾ ਪੁੱਤ, ਇਕ ਜੰਗਲ ਵਿਚ ਲੱਕੜਾਂ ਕੱਟ ਰਹੇ ਸਨ । ਆਜੀਵਿਕਾ ਵਾਸਤੇ ਇਹ ਇਹਨਾਂ ਦੀ ਰੋਜ਼ ਦੀ ਕਾਰ ਸੀ । ਘਰੋਂ ਰੋਟੀ ਪਕਵਾ ਲਿਆਉਣੀ, ਪਾਣੀ ਦੀ ਟਿੰਡ ਭਰ ਲਿਆਉਣੀ ਤੇ ਕਿਸੇ ਰੁੱਖ ਨਾਲ ਟੰਗ ਦੇਣੀ । ਇਕ ਦਿਨ ਦੁਪਹਿਰ ਤਕ ਮਿਹਨਤ ਕਰ ਕੇ ਇਹ ਦੋਵੇਂ ਪਿਉ ਪੁੱਤ ਲੱਗੇ ਰੋਟੀ ਖਾਣ । ਪਾਣੀ ਦੀ ਟਿੰਡ ਨੂੰ ਹੱਥ ਲਾਇਓ ਨੇ, ਤਾਂ ਪਾਣੀ ਬਰਫ਼ ਵਰਗਾ ਠੰਢਾ-ਠਾਰ । ਇਹ ਦੋਵੇਂ ਸਨ ਗੁਰੂ ਹਰਿ ਗੋਬਿੰਦ ਜੀ ਦੇ ਸਿੱਖ ਤੇ ਬੜਾ ਪਿਆਰ ਕਰਨ ਵਾਲੇ ਸਿੱਖ । ਟਿੰਡ ਨੂੰ ਹੱਥ ਲਾਂਦਿਆਂ-ਸਾਰ ਜਿਸਮ ਵਿਚ, ਮਾਨੋ, ਪਿਆਰ ਦੀ ਬਿਜਲੀ ਦੀ ਰੌ ਚੱਲ ਗਈ; ਆਪ-ਮੁਹਾਰੇ ਬੋਲ ਉੱਠੇ—ਇਹ ਠੰਡਾ ਪਾਣੀ ਪਹਿਲਾਂ ਸਾਡੇ ਦਿਲ ਦਾ ਸਾਈਂ ਗੁਰੂ ਹਰਿ ਗੋਬਿੰਦ ਸਾਹਿਬ ਪੀਏ । ਆਪਣੀ ਭੁੱਖ-ਤ੍ਰੇਹ ਸਭ ਭੁੱਲ ਗਈ । ਗੁਰੂ ਚਰਨਾਂ ਨੂੰ ਹਿਰਦੇ ਵਿਚ ਬਿਠਾ ਕੇ ਜੱਫਾ ਮਾਰ ਬੈਠੇ । ਫੇਰ ਕੀਹ ਸੀ : "ਤਉ ਫੁਨਿ ਮੋ ਪੈ ਜਬਾਬੁ ਨ ਹੋਇ" ਵਾਲੀ ਖੇਡ ਵਰਤ ਗਈ । ਹਜ਼ੂਰ ਉਹਨੀਂ ਦਿਨੀਂ ਭਾਈ ਸਾਈਂ ਦਾਸ ਦੇ ਪ੍ਰੇਮ ਦੇ ਖਿੱਚੇ ਹੋਏ ਡਰੌਲੀ ਆਏ ਸਨ, ਉਸ ਜੰਗਲ ਤੋਂ ਵੀਹ ਪੰਝੀ ਮੀਲ ਦੀ ਵਿੱਥ ਸੀ । ਸ਼ਾਇਦ ਨੇੜੇ ਆਏ ਸੁਣ ਕੇ ਹੀ ਇਹਨਾਂ ਗਰੀਬ ਸਿੱਖਾਂ ਨੂੰ ਇਤਨੀ ਪ੍ਰਬਲ ਧੂਹ ਪਈ ਹੋਵੇ । ਕੜਕਦੀ ਦੁਪਹਿਰ, ਹਜ਼ੂਰ ਅੱਬੜ-ਵਾਹੇ ਉੱਠੇ, ਕਾਹਲੀ ਨਾਲ ਘੋੜਾ ਕਸਾਇਆ । ਭਾਈ ਸਾਈਂ ਦਾਸ ਚਲਿਤ ਵੇਖ ਕੇ ਹੈਰਾਨ, ਬੋਲਣ ਦਾ ਹੀਆ ਨਹੀਂ ਪੈਂਦਾ, ਪਰ ਆਖ਼ਰ ਪੁੱਛ ਹੀ ਲਿਓ ਸੂ—ਹਜ਼ੂਰ! ਇਤਨੀ ਕਾਹਲੀ ਵਿਚ ਕਿੱਧਰ? ਅੱਗੋਂ ਦੋ-ਹਰਫ਼ਾ ਹੀ ਜਵਾਬ ਮਿਲਿਆ, "ਬੜੀ ਪਿਆਸ" । ਭਾਈ ਸਾਈਂ ਦਾਸ ਦੇ ਵੇਂਹਦਿਆਂ ਵੇਂਹਦਿਆਂ ਘੋੜਾ ਹਵਾ ਨਾਲ ਗੱਲਾਂ ਕਰਨ ਲੱਗ ਪਿਆ । ਪਲਾਂ ਵਿਚ ਉੱਥੇ ਆ ਅੱਪੜੇ ਜਿਥੇ ਇਹ ਦੋਵੇਂ ਜਿੰਦਾਂ ਇਸ਼ਕ ਦੀ ਇਕ ਨਿੱਕੀ ਜਿਹੀ ਖੇਡ ਪਿੱਛੇ ਸਿਰ ਧੜ ਦੀ ਬਾਜ਼ੀ ਲਾਈ ਬੈਠੀਆਂ ਸਨ । ਇਹ ਸਨ ਭਾਈ ਸਾਧੂ ਤੇ ਭਾਈ ਰੂਪਾ, ਜਿਨ੍ਹਾਂ ਦਾ ਨਾਮ ਸਦਾ ਲਈ ਸਿੱਖ ਇਤਿਹਾਸ ਵਿਚ ਸੂਰਜ ਵਾਂਗ ਚਮਕਦਾ ਰਹੇਗਾ । ਇਹਨਾਂ ਪਾਸ ਉਸ ਵੇਲੇ ਦੁੱਧ ਤਾਂ ਨਹੀਂ ਸੀ, ਪਰ ਤਰਲੇ ਇਹਨਾਂ ਦੇ ਭੀ ਭਗਤ ਨਾਮਦੇਵ ਜੀ ਵਰਗੇ ਹੀ ਸਨ ।

"ਦੂਧੁ ਪੀਅਹੁ ਗੋਬਿੰਦੇ ਰਾਇ । ਦੂਧੁ ਪੀਆਹੁ ਮੇਰੋ ਮਨੁ ਪਤੀਆਇ ॥
ਨਾਹੀ ਤ ਘਰ ਕੋ ਬਾਪੁ ਰਿਸਾਇ ॥"

ਜਦੋਂ ਪਾਤਿਸ਼ਾਹ ਆਇਆ ਤਾਂ ਇਹਨਾਂ "ਨਾਮਿਆਂ" ਨੇ "ਸੁੋਇਨ ਕਟੋਰੀ ਅੰਮ੍ਰਿਤ ਭਰੀ" ਹਜ਼ੂਰ ਦੇ ਅੱਗੇ ਧਰ ਦਿੱਤੀ, ਦਿਲ ਦਾ ਤਖ਼ਤ ਪਾਤਿਸ਼ਾਹ ਦੇ ਬੈਠਣ ਲਈ ਵਿਛਾ ਦਿੱਤਾ । ਪਾਤਿਸ਼ਾਹ ਪਿਆਰ-ਵੱਸ ਹੋ ਕੇ ਆਖਣ ਲੱਗਾ—

"ਏਕ ਭਗਤੁ ਮੇਰੇ ਹਿਰਦੈ ਵਸੈ" ਤੇ ਉਹਨਾਂ ਨੂੰ ਵੇਖ ਵੇਖ ਕੇ ਮਸਤ ਪਿਆ ਹੋਵੇ । "ਤੁਮਰੋ ਦੂਧੁ ਬਿਦਰ ਕੋ ਪਾਨੋ" ਆਖਣ ਵਾਲੇ ਪਿਆਰ-ਪੁੰਜ ਨੇ ਉਹਨਾਂ ਪਿਆਰਿਆਂ ਤੋਂ ਦੁੱਧ ਵਰਗਾ ਮਿੱਠਾ ਪਾਣੀ ਪੀਤਾ । ਸਾਧੂ ਤੇ ਉਸ ਦੇ ਪੁੱਤਰ ਰੂਪੇ ਦੇ ਭਾਗ ਜਾਗ ਪਏ । ਉਹ ਹੁਣ ਆਪਣੇ ਅਸਲ "ਘਰ" ਵਿਚ ਅੱਪੜ ਗਏ ਜਿੱਥੇ 'ਨਾਮੇ' ਵਾਂਗ ਉਹਨਾਂ ਨੂੰ ਭੀ "ਹਰਿ ਕਾ ਦਰਸਨੁ ਭਇਆ" ।

ਇਹ ਸੁੰਦਰ ਨਾਟ ਸਦਾ ਹੀ—

ਇਸ ਜਗਤ-ਰੰਗਭੂਮੀ ਵਿਚ ਮਨੁੱਖਾ ਜੀਵਨ ਦੇ ਅਜਿਹੇ ਸੁੰਦਰ ਨਾਟ ਹੁੰਦੇ ਆ ਰਹੇ ਹਨ ਤੇ ਜਦ ਤਕ ਜਗਤ ਕਾਇਮ ਹੈ ਹੁੰਦੇ ਰਹਿਣਗੇ । ਨਾਮਦੇਵ ਭੀ ਤਾਂ ਕਿਸੇ ਸੋਹਣੇ 'ਗੁਰੂ' ਤੋਂ ਵਿਕਿਆ ਹੋਇਆ ਹੀ ਸੀ, ਜਿਸ ਦਾ ਸ਼ੁਕਰਗੁਜ਼ਾਰ ਹੋ ਕੇ ਉਹ ਆਖਦਾ ਹੈ :—

"ਸਫਲ ਜਨਮੁ ਮੋ ਕਉ ਗੁਰਿ ਕੀਨਾ ॥"

ਕੀ ਭਾਈ ਸਾਧੂ ਤੇ ਰੂਪੇ ਵਾਂਗ ਕਿਸੇ ਵੇਲੇ ਭਗਤ ਨਾਮਦੇਵ ਜੀ ਆਪਣੇ ਸਤਿਗੁਰੂ ਦੇ ਦੀਦਾਰ ਦੀ ਸਿੱਕ ਵਿਚ ਨਹੀਂ ਸਨ ਆ ਸਕਦੇ? ਜਿਨ੍ਹਾਂ ਨੂੰ ਆਪਣਾ

ਪੁਰਾਣਾ ਦਬਦਬਾ ਕਾਇਮ ਰੱਖਣ ਦੀ ਗ਼ਰਜ਼ ਸੀ, ਉਹਨਾਂ ਨੇ ਸ਼ਾਹਾਂ ਦੇ ਸ਼ਾਹ ਪਾਤਿਸ਼ਾਹ ਸਾਹਿਬ ਕਲਗੀਧਰ ਜੀ ਤੋਂ ਦੇਵੀ ਦੀ ਪੂਜਾ ਕਰਾ ਦਿੱਤੀ, ਉਹਨਾਂ ਧੰਨੇ ਭਗਤ ਪਾਸੋਂ ਇਕ ਬ੍ਰਾਹਮਣ ਅੱਗੇ ਮਿੰਨਤਾਂ ਕਰਾ ਕੇ 'ਠਾਕੁਰ' ਨੂੰ ਭੋਗ ਲਵਾ ਦਿੱਤਾ; ਨਾਮਦੇਵ ਕਿਹਦਾ ਵਿਚਾਰਾ ਸੀ? ਇਸ ਪਾਸੋਂ ਭੀ ਇਕਾਦਸ਼ੀ ਦੇ ਵਰਤ ਰਖਾਏ, ਬ੍ਰਾਹਮਣ ਦੇਵਤਿਆਂ ਨੂੰ ਭੋਜਨ ਖਵਾਏ ਤੇ 'ਠਾਕੁਰ' ਨੂੰ ਦੁੱਧ ਭੀ ਪਿਵਾਇਆ । ਅਜਬ ਖੇਡ ਹੈ! ਉੱਚੀ ਜਾਤ ਦੇ ਬ੍ਰਾਹਮਣ ਦੇਵਤੇ ਦਾ 'ਠਾਕੁਰ' ਸਿਰਫ਼ ਸ਼ੂਦਰਾਂ ਪਾਸੋਂ ਹੀ ਖ਼ੁਸ਼ ਹੋ ਕੇ ਦੁੱਧ ਪੀਂਦਾ ਰਿਹਾ ਤੇ ਖੀਰ ਖਾਂਦਾ ਰਿਹਾ । ਬ੍ਰਾਹਮਣ ਭਗਤ ਤਾਂ ਝੂਠ-ਮੂਠ ਹੀ ਭੋਗ ਲਵਾਂਦੇ ਚਲੇ ਆ ਰਹੇ ਹਨ ।

ਗਰੀਬ ਦਾ ਹੁਲਾਰਾ—

ਨਾਮਦੇਵ ਜੀ ਬਾਰੇ ਅਸਲ ਗੱਲ ਇਉਂ ਜਾਪਦੀ ਹੈ । ਇਸ ਵਿਚ ਤਾਂ ਕੋਈ ਸ਼ੱਕ ਨਹੀਂ ਹੋ ਸਕਦਾ ਕਿ ਸ਼ੂਦਰ ਹੋਣ ਕਰਕੇ ਗਰੀਬੀ ਭੀ ਜ਼ਰੂਰ ਹਿੱਸੇ ਆਈ ਹੋਈ ਸੀ ਗ਼ਰੀਬਾਂ ਨੂੰ ਜਾ ਕੇ ਪੁੱਛੋ ਕਿਵੇਂ ਘਰੋ-ਘਰ ਲੱਸੀ ਨੂੰ ਤਰਲੇ ਲੈਂਦੇ ਫਿਰਦੇ ਹਨ । ਕਰਤਾਰ ਦੀ ਮਿਹਰ ਨਾਲ ਕਿਤੇ ਨਾਮਦੇਵ ਨੂੰ ਗਾਂ ਲੈਣ ਦਾ ਮੌਕਾ ਮਿਲ ਗਿਆ । ਉਹ ਤੇ ਉਸ ਦੇ ਬੱਚੇ ਕਿਤਨੇ ਕੁ ਚਾਅ-ਮਲ੍ਹਾਰ ਵਿਚ ਹੋਣਗੇ ਕਿ ਅੱਜ ਦੁੱਧ ਮਿਲੇਗਾ, ਆਪਣੀ ਹੀ ਗਾਂ ਦਾ ਦੁੱਧ ਮਿਲੇਗਾ! ਇਹ ਖ਼ੁਸ਼ੀ ਨਾਮਦੇਵ ਨੂੰ ਆਪਣੇ ਸਤਿਗੁਰੂ ਦੇ ਚਰਨਾਂ ਵਿਚ ਲੈ ਅੱਪੜੀ ਤੇ ਜਿਵੇਂ ਨਾਮਦੇਵ ਤੋਂ ਦੋ ਕੁ ਸਾਲ ਪਿਛੋਂ ਭਾਈ ਸਾਧੂ ਤੇ ਰੂਪੇ ਨੇ ਇਕ ਟਿੰਡ ਠੰਢੇ ਪਾਣੀ ਨਾਲ ਇਸ਼ਕ ਦੀ ਖੇਡ ਖੇਡੀ, ਤਿਵੇਂ ਨਾਮਦੇਵ ਭੀ ਆਪਣੇ ਸਤਿਗੁਰੂ ਨੂੰ ਦੁੱਧ ਪਿਲਾਣ ਬੈਠ ਗਿਆ । ਉਸ ਰੱਬੀ ਮੌਜ ਵਿਚ ਬੈਠਾ ਨਾਮਦੇਵ ਆਖ ਰਿਹਾ ਹੈ:

"ਦੂਧੁ ਪੀਅਹੁ ਗੋਬਿੰਦੇ ਰਾਇ ॥ ਦੂਧੁ ਪੀਅਹੁ ਮੇਰੋ ਮਨੁ ਪਤੀਆਇ ॥ ਨਾਹੀ ਤ ਘਰ ਕੋ ਬਾਪੁ ਰਿਸਾਇ ॥"

ਜਿਵੇਂ ਭਾਈ ਸਾਧੂ ਤੇ ਰੂਪੇ ਦੇ ਦਿਲ ਦਾ ਪਾਤਿਸ਼ਾਹ ਕਰੜੀ ਕਹਿਰ ਦੀ ਧੁੱਪ ਵਿਚ ਵਾਹੋ-ਦਾਹੀ ਘੋੜੇ ਤੇ ਆ ਅੱਪੜਿਆ, ਤਿਵੇਂ ਨਾਮਦੇਵ ਦੇ ਦਿਲ ਦਾ ਸਾਈਂ ਸਤਿਗੁਰੂ ਭੀ ਆਖ਼ਰ ਆ ਪਹੁੰਚਿਆ ਤੇ ਨਾਮਦੇਵ ਨੂੰ ਪਿਆਰ ਕਰਨ ਲੱਗਾ । ਕੁਦਰਤ ਦੇ ਨਿਯਮ ਅਨੁਸਾਰ ਇਹ ਮਨੁੱਖਾ-ਸੁਭਾਉ ਸ਼ੁਰੂ ਤੋਂ ਇੱਕ-ਸਾਰ ਤੁਰਿਆ ਆ ਰਿਹਾ ਹੈ । ਪਿਆਰ ਦੇ ਕੌਤਕ ਇਸੇ ਤਰ੍ਹਾਂ ਹੀ ਸਤਿਜੁਗ, ਤ੍ਰੇਤੇ, ਦੁਆਪੁਰ ਵਿਚ ਹੁੰਦੇ ਆਏ ਹਨ, ਹੁਣ ਭੀ ਹੋ ਰਹੇ ਹਨ ਤੇ ਹੁੰਦੇ ਰਹਿਣਗੇ ।

ਨਾਮਦੇਵ ਜੀ ਆਪਣੇ 'ਗੁਰੂ' ਨੂੰ 'ਗੋਬਿੰਦ ਰਾਇ, ਹਰਿ, ਨਾਰਾਇਣ' ਉਸੇ ਤਰ੍ਹਾਂ ਹੀ ਆਖਦੇ ਹਨ ਜਿਵੇਂ ਸਤਿਗੁਰੂ ਜੀ ਬਾਣੀ ਵਿਚ 'ਗੁਰੂ' ਨੂੰ ਇਉਂ ਆਖਦੇ ਹਨ :

"ਗੁਰੁ ਕਰਤਾ, ਗੁਰੁ ਕਰਣੈਜੋਗੁ ॥ ਗੁਰੁ ਪਰਮੇਸਰੁ, ਹੈ ਭੀ ਹੋਗੁ ॥"

ਵਿਰੋਧੀ ਸੱਜਣ—

ਭਗਤ-ਬਾਣੀ ਦੇ ਵਿਰੋਧੀ ਸੱਜਣ ਜੀ ਇਸ ਸ਼ਬਦ ਬਾਰੇ ਇਉਂ ਲਿਖਦੇ ਹਨ :—

"ਉਕਤ ਸ਼ਬਦ ਵਿਖੇ ਮੂਰਤੀ ਅਥਵਾ ਬੁੱਤ-ਪੂਜਾ ਦੀ ਮਰਯਾਦਾ ਦਾ ਉਪਦੇਸ਼ ਹੈ । ਕਪਲਾ ਗਊ ਦਾ ਦੁੱਧ ਹਿੰਦੂ ਖ਼ਿਆਲਾਂ ਅਨੁਸਾਰ ਬਹੁਤ ਪਵਿੱਤਰ ਮੰਨਿਆ ਗਿਆ ਹੈ । ਗੋਬਿੰਦ ਰਾਇ ਤੋਂ ਭਾਵ ਕ੍ਰਿਸ਼ਨ ਜੀ ਹਨ । ਜੇਕਰ ਭਗਤ ਜੀ ਨੂੰ ਪੱਥਰ ਵਿਚੋਂ ਰੱਬ ਦੇ ਦਰਸ਼ਨ ਹੋਏ ਤਾਂ ਹੁਣ ਭੀ ਹੋਣੇ, ਚਾਹੀਦੇ ਹਨ ।

"ਭਾਵੇਂ ਨਾਮਦੇਵ ਜੀ ਨੇ ਕੁਝ ਕੁਝ ਦੂਜੇ ਸ਼ਬਦਾਂ ਵਿਚ ਮੂਰਤੀ-ਪੂਜਾ ਦਾ ਖੰਡਨ ਭੀ ਕੀਤਾ ਹੈ, ਪਰ ਜਦ ਮੰਡਨ ਹੈ ਫਿਰ ਖੰਡਨ ਦਾ ਕੀਹ ਅਰਥ? ਜਾਂ ਖੰਡਨ ਕਰਨਾ ਸੀ ਜਾਂ ਮੰਡਨ । ਇਸ ਤੋਂ ਤਾਂ ਇਹ ਸਾਬਤ ਹੋਇਆ ਕਿ ਭਗਤ ਜੀ ਦਾ ਕੋਈ ਸਿਧਾਂਤ ਹੀ ਨਹੀਂ ਸੀ ।

"ਕਈ ਪਿਛਾਂ-ਖਿਚੂ (ਸਨਾਤਨੀ, ਹਿੰਦੂ ਸਿੱਖ) ਬੁੱਤ-ਪੂਜਾ ਦੇ ਅਰਥ ਵਿੰਗੇ-ਟੇਢੇ ਕਰ ਕੇ ਟਾਲਦੇ ਹਨ, ਜਾਂ, ਇਹ ਆਖਦੇ ਹਨ ਕਿ ਇਹ ਸ਼ਬਦ ਪਹਿਲੀ ਅਵਸਥਾ ਦੇ ਹਨ । ਪਰ ਜੇ ਇਹ ਪਹਿਲੇ ਉਪਦੇਸ਼ ਸਨ, ਤਾਂ ਇਸ ਅਗਿਆਨ ਨੂੰ ਪਰਚਾਰਨ-ਹਿਤ ਨਾਮਦੇਵ-ਰਚਨਾ ਵਿਚ ਸ਼ਾਮਲ ਰੱਖਣ ਦਾ ਲਾਭ ਕੀਹ... ... ...

"ਭਗਤ ਨਾਮਦੇਵ ਜੀ ਨਿਰਗੁਣ ਦੇ ਭਗਤ ਹੁੰਦੇ ਤਾਂ ਦੇਹੁਰੇ ਜਾ ਕੇ ਠਾਕੁਰ ਪੂਜਦੇ ਹੀ ਕਿਉਂ? ਆਪ ਨੇ ਸ਼ਿਵ-ਦੁਆਰਿਆਂ ਤੇ ਦੇਵੀ-ਦੁਆਰਿਆਂ ਦੀ ਸਖ਼ਤ ਵਿਰੋਧਤਾ ਕੀਤੀ ਹੈ, ਪਰ ਠਾਕੁਰ-ਦੁਆਰਿਆਂ ਦੀ ਪੂਜਾ ਕਰਨੀ ਦੱਸੀ ਹੈ । ਇਹ ਦ੍ਵੈਤਾ ਕਿਉਂ?"

ਅਸੀ ਆਪਣੇ ਉਪਰ-ਲਿਖੇ ਲੇਖ ਵਿਚ ਵਿਰੋਧੀ ਸੱਜਣ ਜੀ ਦੇ ਇਹਨਾਂ ਇਤਰਾਜ਼ਾਂ ਬਾਰੇ ਖੁਲ੍ਹੀ ਵਿਚਾਰ ਕਰ ਚੁਕੇ ਹਾਂ । ਇੱਥੇ ਸਿਰਫ਼ ਇਤਨਾ ਹੀ ਲਿਖਣਾ ਬਾਕੀ ਰਹਿ ਗਿਆ ਹੈ ਕਿ ਨਾਮਦੇਵ ਜੀ ਨੇ ਆਪਣੇ ਕਿਸੇ ਭੀ ਸ਼ਬਦ ਵਿਚ ਠਾਕੁਰ-ਦੁਆਰਿਆਂ ਦੀ ਪੂਜਾ ਕਰਨੀ ਨਹੀਂ ਦੱਸੀ । ਲਫ਼ਜ਼ 'ਗੋਬਿੰਦ ਰਾਇ' ਦਾ ਅਰਥ 'ਕ੍ਰਿਸ਼ਨ ਜੀ' ਨਹੀਂ ਕੀਤਾ ਜਾ ਸਕਦਾ, ਕਿਉਂਕਿ ਭਗਤ ਜੀ ਲਫ਼ਜ਼ 'ਹਰਿ' ਅਤੇ 'ਨਾਰਾਇਣੁ' ਭੀ ਵਰਤਦੇ ਹਨ ।

ਕ੍ਰਿਸ਼ਨ ਭਗਤੀ—

ਇਸ ਉਪਰਲੇ ਸਿਰਲੇਖ ਹੇਠ ਭਗਤ-ਬਾਣੀ ਦੇ ਵਿਰੋਧੀ ਸੱਜਣ ਜੀ ਲਿਖਦੇ ਹਨ—"ਭਗਤ ਜੀ ਭਾਵੇਂ ਰਾਮ ਚੰਦਰ ਦੇ ਉਪਾਸ਼ਕ ਭੀ ਸਨ, ਪਰ ਕ੍ਰਿਸ਼ਨ-ਉਪਾਸ਼ਨਾ ਵਲ ਬਹੁਤ ਲਗਨ ਜਾਪਦੀ ਹੈ । ਹੋ ਸਕਦਾ ਹੈ ਕਿ ਪਹਿਲਾਂ ਭਗਤ ਜੀ ਰਾਮ ਚੰਦਰ ਦੇ ਉਪਾਸ਼ਕ ਹੋਣਗੇ, ਬਾਅਦ ਵਿਚ ਕ੍ਰਿਸ਼ਨ-ਭਗਤੀ ਦਾ ਲੜ ਫੜਿਆ, ਕਿਉਂਕਿ ਭਗਤ ਜੀ ਦੀ ਰਚਨਾ ਵਿਚ ਰਾਮ ਚੰਦਰ-ਭਗਤੀ ਦਾ ਕੁਝ ਕੁਝ ਖੰਡਨ ਭੀ ਮਿਲਦਾ ਹੈ, ਪਰ ਕ੍ਰਿਸ਼ਨ-ਉਪਾਸ਼ਨਾ ਦੇ ਵਿਰੁੱਧ ਤਾਂ ਇਕ ਅੱਖਰ ਤਕ ਭਗਤ ਜੀ ਨਹੀਂ ਲਿਖ ਸਕਦੇ । ਇਸ ਤੋਂ ਸਾਬਤ ਹੁੰਦਾ ਹੈ ਕਿ ਭਗਤ ਜੀ ਕ੍ਰਿਸ਼ਨ-ਭਗਤੀ ਦੇ ਹੱਦ ਤੋਂ ਪਰੇ ਉਪਾਸ਼ਕ ਸਨ ।"

ਇਸ ਤੋਂ ਅਗਾਂਹ ਉਸ ਸੱਜਣ ਜੀ ਨੇ ਹਵਾਲੇ ਵਜੋਂ ਉਹੀ ਸ਼ਬਦ ਦਿੱਤੇ ਹਨ, ਜਿਨ੍ਹਾਂ ਉੱਤੇ ਅਸੀ ਹੁਣੇ ਖੁਲ੍ਹੀ ਵਿਚਾਰ ਕਰ ਚੁਕੇ ਹਾਂ ।

ਨਾਮਦੇਵ ਜੀ ਦੇ ਤਿਲੰਗ ਰਾਗ ਵਾਲੇ ਸ਼ਬਦ "ਹਲੇ ਯਾਰਾਂ" ਅਤੇ ਰਾਗ ਬਸੰਤ ਦੇ "ਆਉ ਕਲੰਦਰ" ਸ਼ਬਦ ਦਾ ਹਵਾਲਾ ਦੇ ਕੇ ਵਿਰੋਧੀ ਸੱਜਣ ਜੀ ਲਿਖਦੇ ਹਨ—"ਭਗਤ ਨਾਮਦੇਵ ਜੀ ਕ੍ਰਿਸ਼ਨ-ਉਪਾਸ਼ਨਾ ਦੇ ਇਤਨੇ ਸ਼ਰਧਾਲੂ ਹਨ ਕਿ ਮਸਤੀ ਅੰਦਰ ਆ ਕੇ ਉਹ ਪਰਤੀਤ ਨਹੀਂ ਕਰ ਸਕਦੇ ਸਨ ਕਿ ਆਇਆ ਇਹ ਸਾਂਵਲੇ ਕੇਸ਼ਵ (ਕ੍ਰਿਸ਼ਨ ਜੀ) ਹਨ ਯਾ ਕਿ ਮੁਗ਼ਲ । ਕਿਤੇ ਕ੍ਰਿਸ਼ਨ ਜੀ ਨੂੰ ਕਲੰਦਰ ਨਾਲ ਤਸਬੀਹ ਦਿੱਤੀ ਜਾਂਦੀ ਹੈ ।"

ਅਸੀ "ਆਉ ਕਲੰਦਰ" ਸ਼ਬਦ ਬਾਰੇ ਥੋੜੀ ਕੁ ਵਿਚਾਰ ਉੱਪਰ ਦੇ ਆਏ ਹਾਂ । 'ਹਲੇ ਯਾਰਾਂ' ਸ਼ਬਦ ਬਾਰੇ ਵਿਚਾਰ ਸ਼ਬਦ ਦੇ ਟੀਕੇ ਵਿਚ ਪੇਸ਼ ਕਰਾਂਗੇ ।

ਅਖ਼ੀਰ ਤੇ ਜਾ ਕੇ ਵਿਰੋਧੀ ਸੱਜਣ ਜੀ ਇਉਂ ਲਿਖਦੇ ਹਨ—"ਨਿਰਣਯ ਹੋ ਗਿਆ ਕਿ ਨਾਮਦੇਵ ਜੀ ਗੁਰਮਤਿ ਦੇ ਸਿਧਾਂਤ ਤੋਂ ਬਹੁਤ ਨੀਵੇਂ ਹਨ । ਭਗਤ ਜੀ ਦੀ ਕ੍ਰਿਸ਼ਨ-ਭਗਤੀ ਦਾ ਗੁਰਮਤਿ ਭਲੀ ਪਰਕਾਰ ਖੰਡਨ ਕਰਦੀ ਹੈ । ਸੋ, ਜਦੋਂ ਨਾਮਦੇਵ ਜੀ ਦੀ ਰਚਨਾ ਵਿਚ ਕ੍ਰਿਸ਼ਨ-ਭਗਤੀ ਦਾ ਉਪਦੇਸ਼ ਹੈ, ਹਰ ਹਾਲਤ ਵਿਚ ਕਹਿਣਾ ਪਊਗਾ ਕਿ ਵਿਆਪਕ ਰੱਬ ਮੰਨਣ ਵਾਲੇ ਸ਼ਬਦ ਆਪ ਦੇ ਨਹੀਂ ਹਨ ।"

ਭਗਤ ਨਾਮਦੇਵ ਜੀ ਦੇ ਕੁੱਲ ੬੧ ਸ਼ਬਦ ਹਨ । ਅਸੀ ਉੱਪਰ ਦੱਸ ਆਏ ਹਾਂ ਕਿ ਇਹਨਾਂ ਵਿਚੋਂ ੧੦ ਸ਼ਬਦ ਐਸੇ ਹਨ ਜਿਨ੍ਹਾਂ ਦੇ ਅਰਥ ਕਰਨ ਵਿਚ ਟੀਕਾਕਾਰ ਸੱਜਣ ਭੁਲੇਖਾ ਖਾਂਦੇ ਰਹੇ ਹਨ । ਇਹ ਅਨੋਖੀ ਦਲੀਲ ਹੈ ਕਿ ਇਹਨਾਂ ੧੦ ਸ਼ਬਦਾਂ ਨੂੰ ਨਾਹ ਸਮਝ ਸਕਣ ਦੇ ਕਾਰਣ ਅਸੀ ਇਹ ਫ਼ੈਸਲਾ ਕਰ ਲਈਏ ਕਿ ਬਾਕੀ ਦੇ ੫੧ ਸ਼ਬਦ ਭਗਤ ਨਾਮਦੇਵ ਜੀ ਦੇ ਹਨ ਹੀ ਨਹੀਂ ।

ਜ਼ਾਤ-ਪਾਤ—

ਇਸ ਸਿਰਲੇਖ ਹੇਠ ਵਿਰੋਧੀ ਸੱਜਣ ਲਿਖਦੇ ਹਨ :—"ਸ੍ਰੀ ਨਾਮਦੇਵ ਜੀ ਜ਼ਾਤ-ਪਾਤ ਦੇ ਪੱਕੇ ਹਾਮੀ ਸਨ । ਆਪਣੀ ਜ਼ਾਤ ਨੂੰ ਨੀਵੀਂ ਜ਼ਾਤੀ ਦੇ ਸਮਝਦੇ ਸਨ । ਬ੍ਰਾਹਮਣਾਂ ਤੋਂ ਤੰਗ ਪੈ ਕੇ ਇਹ ਭੀ ਕਹਿੰਦੇ ਹਨ ਕਿ ਮੇਰਾ ਛੀਪੇ ਦੇ ਘਰ ਜਨਮ ਕਿਉਂ ਹੋਇਆ । ...ਉਹ ਸਮਝਦੇ ਸਨ ਕ੍ਰਿਸ਼ਨ ਜੀ ਛੀਪੇ ਆਪ ਬਣਾਉਂਦੇ ਹਨ ।...ਸ੍ਰੀ ਨਾਮਦੇਵ ਜੀ ਛੀਪਾ ਜ਼ਾਤੀ ਤੋਂ ਆਜ਼ਾਦ ਨਾ ਹੋ ਸਕੇ ।...ਜ਼ਾਤ-ਪਾਤ ਦੇ ਅਤੀ ਪਾਬੰਦ ਸਨ । ਉਸ ਵੇਲੇ ਜ਼ਾਤ-ਪਾਤ ਦਾ ਚਰਚਾ ਭੀ ਬੜਾ ਭਾਰੀ ਸੀ । ਸ਼ੂਦਰ ਸੰਗਿਆ ਦੀ ਬਿਆਧੀ ਕਰਕੇ ਬ੍ਰਾਹਮਣਾਂ ਨੇ ਮੰਦਰਾਂ ਵਿਚ ਜਾਣ ਦੀ ਆਗਿਆ ਨਹੀਂ ਦਿੱਤੀ ਸੀ ਅਤੇ ਆਪ ਨੂੰ ਢੇਢ ਭੀ ਕਹਿੰਦੇ ਸਨ....... ।

"ਗੁਰਮਤਿ ਦਾ ਸਿੱਧਾਂਤ ਬਹੁਤ ਉੱਚਾ ਤੇ ਸੁੱਚਾ ਹੈ । ਇਸ ਅਵਸਥਾ ਨੂੰ ਭਗਤ ਨਾਮਦੇਵ ਨਹੀਂ ਪਹੁੰਚ ਸਕੇ । ਜਨਮ ਥੀਂ ਜਾਤ ਮੰਨਣੀ ਅਗਿਆਨ ਹੈ ।"

ਜਰਵਾਣਾ ਕਮਜ਼ੋਰ ਨੂੰ ਮਾਰਦਾ ਭੀ ਹੈ ਤੇ ਰੋਣ ਭੀ ਨਹੀਂ ਦੇਂਦਾ । ਨਾਮਦੇਵ ਜੀ ਆਪਣੇ ਕ੍ਰੋੜਾਂ ਭਰਾਵਾਂ ਉੱਤੇ ਬ੍ਰਾਹਮਣਾਂ ਵਲੋਂ ਹੋ ਰਹੀ ਅੱਤ ਦੇ ਵਿਰੁੱਧ ਪੁਕਾਰ ਕਰਦੇ ਹਨ । ਇਸ ਪੁਕਾਰ ਦਾ ਅਰਥ ਸਿਰਫ਼ ਇਹ ਕੱਢਿਆ ਗਿਆ ਹੈ ਕਿ 'ਜਨਮ ਥੀਂ ਜਾਤੀ ਮੰਨਣੀ ਅਗਿਆਨ ਹੈ' ।

ਪਰ ਸੱਜਣ ਜੀ! ਗੁਰੂ ਪਾਤਿਸ਼ਾਹ ਦੀ ਆਪਣੀ ਬਾਣੀ ਵਿਚੋਂ ਵੰਨਗੀ ਵਜੋਂ ਹੇਠ ਲਿਖੇ ਪ੍ਰਮਾਣ ਰਤਾ ਧਿਆਨ ਨਾਲ ਪੜ੍ਹਨੇ :—

(੧) ਨਾਮਾ ਜੈਦੇਉ ਕੰਬੀਰ ਤ੍ਰਿਲੋਚਨੁ, ਅਉਜਾਤਿ ਰਵਿਦਾਸ ਚਮਿਆਰੁ ਚਮਈਆ ॥
. . ਜੋ ਜੋ ਮਿਲੈ ਸਾਧੂ ਜਨ ਸੰਗਤਿ, ਧਨੁ ਧੰਨਾ ਜਟੁ, ਸੈਣੁ ਮਿਲਿਆ ਹਰਿ ਦਈਆ ॥੭॥੪॥ {ਬਿਲਾਵਲੁ ਮ: ੪, ਪੰਨਾ ੮੩੫

(੨) ਕਲਜੁਗਿ ਨਾਮੁ ਪ੍ਰਧਾਨੁ ਪਦਾਰਥੁ, ਭਗਤ ਜਨਾ ਉਧਰੇ ॥
. . ਨਾਮਾ ਜੈਦੇਉ ਕਬੀਰੁ ਤ੍ਰਿਲੋਚਨੁ, ਸਭਿ ਦੋਖ ਗਏ ਚਮਰੇ ॥੨॥੧॥
. . {ਚਮਰੇ—ਚਮਾਰ ਰਵਿਦਾਸ ਦੇ}   {ਮਾਰੂ ਮ: ੪, ਪੰਨਾ ੯੯੫

(੩) ਸਾਧ ਸੰਗਿ ਨਾਨਕ ਬੁਧਿ ਪਾਈ, ਹਰਿ ਕੀਰਤਨੁ ਆਧਾਰੋ ॥
. . ਨਾਮਦੇਉ ਤ੍ਰਿਲੋਚਨੁ ਕਬੀਰ ਦਾਸਰੋ, ਮੁਕਤਿ ਭਇਓ ਚਮਿਆਰੋ ॥੨॥੧॥੧੦॥ {ਗੂਜਰੀ ਮ: ੫, ਪੰਨਾ ੪੯੮

(੪) ਰਵਿਦਾਸੁ ਚਮਾਰੁ ਉਸਤਤਿ ਕਰੇ, ਹਰਿ ਕੀਰਤਿ ਨਿਮਖ ਇਕ ਗਾਇ ॥
. . ਪਤਿਤ ਜਾਤਿ ਉਤਮੁ ਭਇਆ ਚਾਰਿ ਵਰਨ ਪਏ ਪਗਿ ਆਇ ॥੨॥
. . ਨਾਮਦੇਅ ਪ੍ਰੀਤਿ ਲਗੀ ਹਰਿ ਸੇਤੀ, ਲੋਕੁ ਛੀਪਾ ਕਹੈ ਬੁਲਾਇ ॥
. . ਖਤ੍ਰੀ ਬ੍ਰਾਹਮਣ ਪਿਠਿ ਦੇ ਛੋਡੇ, ਹਰਿ ਨਾਮਦੇਉ ਲੀਆ ਮੁਖਿ ਲਾਇ ॥੩॥੧॥੮॥ {ਸੂਹੀ ਮ: ੪, ਪੰਨਾ ੭੩੩

(੫) ਜੈਦੇਵ ਤਿਆਗਿਓ ਅਹੰਮੇਵ ॥ ਨਾਈ ਉਧਰਿਓ ਸੈਨੁ ਸੇਵ ॥੬॥੧॥   {ਬਸੰਤੁ ਮ: ੫, ਪੰਨਾ ੧੧੯੨

ਸਤਿਗੁਰੂ ਜੀ ਤਾਂ ਇਹਨਾਂ ਭਗਤਾਂ ਦੀ ਵਡਿਆਈ ਕਰ ਰਹੇ ਹਨ । ਪਰ ਸਾਡਾ ਸੱਜਣ ਕਹਿੰਦਾ ਹੈ ਕਿ ਇਹ ਲੋਕ ਗੁਰਮਤਿ ਦੇ ਸਿੱਧਾਂਤ ਨੂੰ ਨਹੀਂ ਪਹੁੰਚ ਸਕੇ ।

ੴ ਸਤਿਗੁਰ ਪ੍ਰਸਾਦਿ ॥
ਭਗਤ ਕਬੀਰ ਜੀ ਨਾਲ

?????????????????
ਜਨਮ ਤੇ ਦੇਹਾਂਤ—

ਕਬੀਰ ਜੀ ਦੀ ਆਪਣੀ ਹੀ ਬਾਣੀ ਵਿਚੋਂ ਇਹ ਪਤਾ ਮਿਲਦਾ ਹੈ ਕਿ ਉਹਨਾਂ ਦਾ ਜਨਮ ਸ਼ਹਿਰ ਬਨਾਰਸ (ਕਾਸ਼ੀ) ਵਿਚ ਹੋਇਆ ਸੀ ।

ਮੈਕਾਲਿਫ਼ ਨੇ ਕਬੀਰ ਜੀ ਦਾ ਜੀਵਨ ਲਿਖਦਿਆਂ ਲਿਖਿਆ ਹੈ ਕਿ ਭਗਤ ਜੀ ਦਾ ਜਨਮ ਜੇਠ ਦੀ ਪੂਰਨਮਾਸ਼ੀ ਸੰਮਤ ੧੪੫੫ (ਮਈ ਸੰਨ ੧੩੯੮) ਨੂੰ ਹੋਇਆ ਸੀ । ਉਮਰ ਦੇ ਆਖ਼ਰੀ ਹਿੱਸੇ ਵਿਚ ਕਬੀਰ ਜੀ ਮਗਹਰ ਜਾ ਵੱਸੇ ਸਨ । ਉਥੇ ਮੱਘਰ ਸੁਦੀ ੧੧ ਸੰਮਤ ੧੫੭੫ (ਨਵੰਬਰ ਸੰਨ ੧੫੧੮) ਨੂੰ ਉਹਨਾਂ ਦਾ ਦੇਹਾਂਤ ਹੋਇਆ ਸੀ । ਮੈਕਾਲਿਫ਼ ਦੇ ਲਿਖਣ ਅਨੁਸਾਰ ਕਬੀਰ ਜੀ ਦੀ ਕੁੱਲ ਉਮਰ ੧੧੯ ਸਾਲ ੫ ਮਹੀਨੇ ੨੭ ਦਿਨ ਸੀ ।

ਸ਼ੰਕਾ—

ਗੁਰੂ ਨਾਨਕ ਦੇਵ ਜੀ ਦੀ ਹਿੰਦੂ-ਤੀਰਥਾਂ ਵਾਲੇ ਪਾਸੇ ਪਹਿਲੀ 'ਉਦਾਸੀ' ਸੰਨ ੧੫੦੭ ਤੋਂ ਸੰਨ ੧੫੧੫ ਤਕ ਅੱਠ ਸਾਲ ਰਹੀ ਸੀ । ਇਸੇ ਹੀ 'ਉਦਾਸੀ' ਸਮੇ ਉਹਨਾਂ ਨੇ ਸਾਰੇ ਭਗਤਾਂ ਦੀ ਬਾਣੀ ਭੀ ਲਿਆਂਦੀ ਸੀ । ਮੈਕਾਲਿਫ਼ ਅਨੁਸਾਰ ਇਹ ਨਤੀਜਾ ਕੱਢਣਾ ਪੈਂਦਾ ਹੈ ਕਿ ਸਤਿਗੁਰੂ ਜੀ ਭਗਤ ਕਬੀਰ ਜੀ ਨੂੰ ਮਿਲੇ ਸਨ ।

ਕਬੀਰ ਜੀ ਨੇ ਇਕ ਦੋ ਸ਼ਬਦਾਂ ਵਿਚ ਭਗਤ ਨਾਮਦੇਵ ਜੀ, ਜੈਦੇਵ ਜੀ, ਰਵਿਦਾਸ ਜੀ ਅਤੇ ਤ੍ਰਿਲੋਚਨ ਜੀ ਦਾ ਜ਼ਿਕਰ ਤਾਂ ਕੀਤਾ ਹੈ, ਪਰ ਗੁਰੂ ਨਾਨਕ ਸਾਹਿਬ ਦਾ ਜ਼ਿਕਰ ਕਿਤੇ ਨਹੀਂ । ਰਵਿਦਾਸ ਜੀ ਕਬੀਰ ਜੀ ਦੇ ਸਮਕਾਲੀ ਭੀ ਸਨ । ਸੰਨ ੧੫੧੫ ਤਕ ਸਤਿਗੁਰੂ ਜੀ ਦਾ ਨਾਮ ਸਾਰੇ ਹੀ ਭਾਰਤ ਵਿਚ ਉੱਘਾ ਹੋ ਚੁਕਾ ਸੀ । ਜੇ ਸਤਿਗੁਰੂ ਜੀ ਭਗਤ ਕਬੀਰ ਜੀ ਦੇ ਸਮਕਾਲੀ ਹੁੰਦੇ, ਤਾਂ ਭਗਤ ਜੀ ਸਤਿਗੁਰੂ ਨਾਨਕ ਦੇਵ ਜੀ ਦਾ ਜ਼ਿਕਰ ਭੀ ਜ਼ਰੂਰ ਕਰਦੇ । ਇਹ ਠੀਕ ਹੈ ਕਿ ਗੁਰੂ ਨਾਨਕ ਦੇਵ ਜੀ ਨੇ ਭੀ ਕਬੀਰ ਜੀ ਦਾ ਜ਼ਿਕਰ ਕਿਤੇ ਨਹੀਂ ਕੀਤਾ, ਪਰ ਉਹਨਾਂ ਤਾਂ ਕਿਸੇ ਭੀ ਭਗਤ ਦਾ ਜ਼ਿਕਰ ਆਪਣੀ ਬਾਣੀ ਵਿਚ ਨਹੀਂ ਕੀਤਾ । ਇਹ ਆਪੋ ਆਪਣਾ ਲਿਖਣ-ਢੰਗ ਹੈ ।

ਸੋ, ਇਹੀ ਠੀਕ ਜਾਪਦਾ ਹੈ ਕਿ ਭਗਤ ਕਬੀਰ ਜੀ ਦਾ ਦੇਹਾਂਤ ਸੰਨ ੧੫੧੮ ਤੋਂ ਦੂਰ ਪਹਿਲਾਂ ਹੋ ਚੁਕਾ ਸੀ ।

ਜਨਮ ਬਾਰੇ ਕੋਝੀ ਕਹਾਣੀ—

ਭਗਤ ਕਬੀਰ ਜੀ ਦੇ ਜਨਮ ਬਾਰੇ ਮੈਕਾਲਿਫ਼ ਨੇ ਇਕ ਬੜੀ ਅਨ-ਹੋਣੀ ਤੇ ਕੋਝੀ ਕਹਾਣੀ ਦਿੱਤੀ ਹੈ ਕਿ—ਬਨਾਰਸ ਵਿਚ ਇਕ ਬ੍ਰਾਹਮਣ ਰਹਿੰਦਾ ਸੀ ਜੋ ਰਾਮਾਨੰਦ ਜੀ ਦੀ ਸੇਵਾ ਕਰਿਆ ਕਰਦਾ ਸੀ । ਇਕ ਦਿਨ ਉਹ ਆਪਣੇ ਨਾਲ ਆਪਣੀ ਬਾਲ-ਵਿਧਵਾ ਲੜਕੀ ਨੂੰ ਭੀ ਰਾਮਾਨੰਦ ਜੀ ਪਾਸ ਲੈ ਗਿਆ । ਲੜਕੀ ਨੇ ਮੱਥਾ ਟੇਕਿਆ, ਤਾਂ ਰਾਮਾਨੰਦ ਜੀ ਨੇ ਪੁਤ੍ਰ-ਵਤੀ ਹੋਣ ਦੀ ਅਸੀਸ ਦੇ ਦਿੱਤੀ । ਲੜਕੀ ਦਾ ਪਿਤਾ ਘਬਰਾਇਆ, ਪਰ ਅਸੀਸ ਅਟੱਲ ਰਹੀ ਤੇ ਉਸ ਬਾਲ-ਵਿਧਵਾ ਤੋਂ ਬਾਲਕ ਨੇ ਜਨਮ ਲਿਆ । ਇਸ ਬਾਲਕ ਨੂੰ ਉਹ ਬਨਾਰਸ ਤੋਂ ਬਾਹਰ ਨੇੜੇ ਹੀ ਇਕ ਤਲਾਬ ਤੇ ਛੱਡ ਆਏ । ਉੱਥੇ ਇਕ ਮੁਸਲਮਾਨ ਜੁਲਾਹਾ ਆ ਨਿਕਲਿਆ, ਉਹ ਬੱਚੇ ਨੂੰ ਆਪਣੇ ਘਰ ਲੈ ਆਇਆ । ਮੌਲਵੀ ਪਾਸੋਂ ਨਾਮ ਰਖਾਇਆ । ਉਸ ਜੁਲਾਹੇ ਦੇ ਘਰ ਕੋਈ ਔਲਾਦ ਨਹੀਂ ਸੀ । ਉਸ ਨੇ ਇਸ ਬਾਲਕ ਨੂੰ ਆਪਣਾ ਪੁੱਤਰ ਬਣਾ ਕੇ ਇਸ ਦੀ ਪਾਲਣਾ ਕੀਤੀ । ਇਹ ਸੀ ਕਬੀਰ, ਜੋ ਫਿਰ ਸਾਰੇ ਭਾਰਤ ਵਿਚ ਆਪਣੀ ਭਗਤੀ ਕਰਕੇ ਪ੍ਰਸਿੱਧ ਹੋਇਆ ।

ਅਨ-ਹੋਣੀ ਗੱਲ—

ਕਬੀਰ ਜੀ ਨੇ ਆਪਣੀ ਬਾਣੀ ਵਿਚ ਕਈ ਵਾਰੀ ਲਿਖਿਆ ਹੈ ਕਿ ਆਪ ਜਾਤ ਦੇ ਜੁਲਾਹੇ ਸਨ । ਭਾਰਤ ਵਿਚ ਅਜੇ ਉੱਚੀ ਜਾਤ ਦਾ ਮਾਣ ਤੇ ਫ਼ਖ਼ਰ ਬੜਾ ਸੀ {ਹੁਣ ਭੀ ਕਿੱਥੇ ਘੱਟ ਹੈ?} ਬ੍ਰਾਹਮਣ ਲੋਕ ਆਪਣਾ ਦਬਦਬਾ ਕਾਇਮ ਰੱਖਣ ਲਈ ਮੁੜ ਮੁੜ ਇਹੀ ਮੇਹਣੇ ਮਾਰਦੇ ਹੋਣਗੇ ਕਿ ਆਖ਼ਰ ਹੈ ਤਾਂ ਨੀਚ ਜੁਲਾਹਾ ਹੀ । ਤਾਹੀਏਂ ਕਬੀਰ ਜੀ ਨੇ ਇਹਨਾਂ ਨੂੰ ਇਉਂ ਵੰਗਾਰ ਕੇ ਆਖਿਆ :—

"ਤੁਮ ਕਤ ਬ੍ਰਾਹਮਣ, ਹਮ ਕਤ ਸੂਦ ॥ ਹਮ ਕਤ ਲੋਹੂ, ਤੁਮ ਕਤ ਦੂਧ ॥"

ਇਹ ਕਿਤਨੀ ਅਨ-ਹੋਣੀ ਜਿਹੀ ਗੱਲ ਹੈ ਕਿ ਕਬੀਰ ਜੀ ਦੇ ਜੀਵਨ-ਲਿਖਾਰੀ ਨੂੰ ਤਾਂ ਇਹ ਪਤਾ ਮਿਲ ਗਿਆ ਕਿ ਕਬੀਰ ਜੀ ਬਾਲ-ਵਿਧਵਾ ਬ੍ਰਾਹਮਣੀ ਦੇ ਪੇਟੋਂ ਪੈਦਾ ਹੋਏ ਸਨ, ਪਰ ਕਬੀਰ ਜੀ ਨੂੰ ੧੨੦ ਸਾਲਾਂ ਦੀ ਉਮਰ ਤਕ ਭੀ ਆਪਣੇ ਉੱਚ-ਜਾਤੀ ਵਿਚੋਂ ਹੋਣ ਦਾ ਪਤਾ ਨਾ ਲੱਗ ਸਕਿਆ । ਉਹ ਆਪਣੇ ਆਪ ਨੂੰ ਅਖ਼ੀਰ ਤਕ ਜੁਲਾਹੇ ਦੀ ਸੰਤਾਨ ਹੀ ਸਮਝਦੇ ਰਹੇ ।

ਜਿਸ ਰਾਮਾਨੰਦ ਜੀ ਦੀ ਅਸੀਸ ਨਾਲ ਕਬੀਰ ਜੀ ਦਾ ਜਨਮ ਦੱਸਿਆ ਜਾ ਰਿਹਾ ਹੈ, ਉਹਨਾਂ ਨੇ ਭੀ ਆਪਣੇ ਚੇਲੇ ਕਬੀਰ ਜੀ ਨੂੰ ਕਦੇ ਇਹ ਭੇਤ ਦੀ ਗੱਲ ਨਾਹ ਦੱਸੀ । {ਰਾਮਾਨੰਦ ਜੀ ਨੇ ਹੀ ਆਪਣੇ ਇਕ ਬ੍ਰਾਹਮਣ ਸੇਵਕ ਨੂੰ ਸ਼ਰਾਪ ਦੇ ਕੇ ਚਮਾਰ ਦੇ ਘਰ ਜਨਮ ਦਿਵਾ ਕੇ ਰਵਿਦਾਸ ਬਣਾ ਦਿੱਤਾ ਦੱਸਿਆ ਜਾਂਦਾ ਹੈ । ਕੈਸੀ ਅਜਬ ਖੇਡ ਹੈ! ਇਹ ਸ਼ਰਾਪ ਭੀ ਰਿਹਾ ਗੁਪਤ ਹੀ । ਸਿਰਫ਼ 'ਭਗਤ-ਮਾਲ' ਦੇ ਲਿਖਾਰੀ ਦੀ ਕੰਨੀ ਹੀ ਇਹ ਗੱਲ ਆ ਪਈ ਸੀ} ।

ਅਨੋਖੀ ਅਸੀਸ—

ਕਬੀਰ ਜੀ ਦਾ ਜਨਮ ਇਕ ਅਨੋਖੀ ਅਸੀਸ ਦੇ ਨਾਲ ਜੋੜਨਾ ਕਿਸੇ ਚਾਲਕ ਦਿਮਾਗ਼ ਦੀ ਕਾਢ ਹੀ ਜਾਪਦੀ ਹੈ । ਇਹ ਕੋਈ ਸ਼ਰਧਾਲੂ ਭੀ ਹੋ ਸਕਦਾ ਹੈ, ਜੋ ਕਬੀਰ ਜੀ ਨੂੰ ਉੱਚੀ ਕੁਲ ਵਿਚੋਂ ਜੰਮਿਆ ਵੇਖਣਾ ਤੇ ਵਿਖਾਣਾ ਚਾਹੁੰਦਾ ਹੋਵੇ । ਪਰ ਇਹ ਕੋਈ ਦੋਖੀ ਭੀ ਹੋ ਸਕਦਾ ਹੈ, ਜੋ ਕਬੀਰ ਜੀ ਦਾ ਜਨਮ ਇਸ ਤਰ੍ਹਾਂ ਸ਼ੱਕੀ ਬਣਾ ਕੇ ਉਹਨਾਂ ਦਾ ਰਸੂਖ਼ ਘਟਾਣ ਦੇ ਫ਼ਿਕਰ ਵਿਚ ਹੋਵੇ, ਤਾਕਿ ਕਬੀਰ ਜੀ ਨੇ ਬ੍ਰਾਹਮਣ ਦੀ ਧਾਰਮਿਕ ਠੇਕੇਦਾਰੀ ਉੱਤੇ ਜੋ ਕਾਰੀ ਸੱਟ ਮਾਰੀ ਹੈ ਉਸ ਦਾ ਕੁਝ ਅਸਰ ਜ਼ਾਇਆ ਹੋ ਸਕੇ । ਇਹਨਾਂ ਸਾਰੇ ਭਗਤਾਂ ਦੀ ਬਾਣੀ ਗੁਰੂ ਗ੍ਰੰਥ ਸਾਹਿਬ ਵਿਚ ਪੜ੍ਹ ਕੇ ਵੇਖੋ । ਬ੍ਰਾਹਮਣ ਦੇ ਕਰਮ-ਕਾਂਡ ਆਦਿਕ ਦੇ ਖਿਲਾਰੇ ਹੋਏ ਜਾਲ ਦੀ ਇਹਨਾਂ ਚੰਗੀ ਕਲੀ ਖੋਹਲੀ ਹੈ । ਪਰ ਇਹਨਾਂ ਦਾ ਜੀਵਨ ਭੀ ਪੜ੍ਹ ਕੇ ਵੇਖੋ । ਕਿਸੇ ਨੂੰ ਬੀਠੁਲ-ਮੂਰਤੀ ਦਾ ਪੁਜਾਰੀ ਬਣਾ ਦਿੱਤਾ ਗਿਆ ਹੈ, ਕਿਸੇ ਨੂੰ ਪੰਡਿਤ ਪਾਸੋਂ ਲਏ ਹੋਏ ਠਾਕੁਰ ਦਾ ਪੁਜਾਰੀ ਵਿਖਾਇਆ ਗਿਆ ਹੈ ।

ਇਹ ਅਸੀ ਹੀ ਹਾਂ, ਜੋ ਦੋਵੇਂ ਵਿਰੋਧੀ ਗੱਲਾਂ ਠੀਕ ਮੰਨੀ ਜਾ ਰਹੇ ਹਾਂ । ਸਗੋਂ ਇਥੋਂ ਤਕ ਆ ਅੱਪੜੇ ਹਾਂ ਕਿ ਭਗਤਾਂ ਦੇ ਕਈ ਸ਼ਬਦ ਮੂਰਤੀ-ਪੂਜਾ ਦੇ ਹੱਕ ਵਿਚ ਮੰਨ ਰਹੇ ਹਾਂ । ਕੈਸੀ ਹਾਸੋ-ਹੀਣੀ ਸ਼ਰਧਾ ਹੈ!

ਜਿਸ ਕਬੀਰ ਜੀ ਨੂੰ ਦੋਖੀ ਲੋਕ 'ਕੂਟਨ', 'ਨਚਣ', 'ਤਸਕਰ' ਆਦਿਕ ਨੀਵੇਂ ਨਾਵਾਂ ਨਾਲ ਯਾਦ ਕਰਦੇ ਸਨ ਤੇ ਅਗੋਂ ਕਬੀਰ ਜੀ ਹੱਸ ਕੇ ਠੰਢੇ-ਜਿਗਰੇ ਸਿਰਫ਼ ਇਹ ਆਖ ਦੇਂਦੇ ਸਨ ਕਿ ਭਾਈ!

"ਕੂਟਨੁ ਕਿਸੈ ਕਹਹੁ ਸੰਸਾਰ ॥ ਸਗਲ ਬੋਲਨ ਕੇ ਮਾਹਿ ਬੀਚਾਰੁ ॥" {ਗੌਂਡ, ਪੰਨਾ ੮੭੨}

ਜਿਸ ਕਬੀਰ ਜੀ ਦੇ ਜੀਵਨ ਨਾਲ ਇਕ ਚੋਰ ਦੀ ਅਣਖ–ਹੀਣੀ ਕਹਾਣੀ ਜੋੜੀ ਗਈ ਹੈ, ਉਸ ਮਹਾਂਪੁਰਖ ਦਾ ਅਜਿਹੇ ਲੋਕਾਂ ਦੀ ਹੱਥੀਂ ਲਿਖਿਆ ਲਿਖਾਇਆ ਜੀਵਨ ਰਤਾ ਸੰਭਾਲ ਕੇ ਪੜ੍ਹਨ ਦੀ ਲੋੜ ਹੈ । ਜਿਸ ਜਾਤੀ ਨੂੰ ਵੰਗਾਰ ਕੇ ਕਬੀਰ ਜੀ ਨੇ ਆਖਿਆ—

"ਜੌ ਤੂੰ ਬ੍ਰਹਿਮਣੁ ਬ੍ਰਾਹਮਣੀ ਜਾਇਆ ॥ ਤਉ ਆਨ ਬਾਟ ਕਾਹੇ ਨਹੀ ਆਇਆ ॥"

ਉਸ ਜਾਤੀ ਨੂੰ ਇਹ ਸੱਚੀ ਤੇ ਖਰੀ ਚੋਭ ਕੋਈ ਘੱਟ ਨਹੀਂ ਸੀ ਲੱਗ ਰਹੀ । ਉਸ ਨੇ ਆਪਣਾ ਵਾਰ ਜ਼ਰੂਰ ਕਰਨਾ ਸੀ । ਸੋ, ਅਸਾਂ ਕਬੀਰ ਜੀ ਦਾ ਜੀਵਨ ਉਹਨਾਂ ਦੀ ਆਪਣੀ ਬਾਣੀ ਵਿਚੋਂ ਵੇਖਣਾ ਹੈ ।

ਇੱਥੇ ਇਕ ਹੋਰ ਔਕੜ ਆ ਪੈਂਦੀ ਹੈ । ਸਾਡੇ ਹੀ ਇਤਿਹਾਸਕਾਰਾਂ ਨੇ ਲਿਖ ਦਿੱਤਾ ਕਿ ਭਗਤਾਂ ਦੀ ਬਾਣੀ ਗੁਰੂ ਅਰਜਨ ਦੇਵ ਜੀ ਨੇ ਇਕੱਠੀ ਕੀਤੀ ਸੀ । ਇਸ ਬਾਰੇ ਮੈਕਾਲਿਫ਼ ਲਿਖਦਾ ਹੈ :—

"ਇਥੇ ਇਹ ਮੰਨਣਾ ਪੈਂਦਾ ਹੈ ਕਿ ਉਸ ਬਾਣੀ ਵਿਚ ਭਗਤਾਂ ਪਾਸੋਂ ਉਹਨਾਂ ਦੇ ਉਪਾਸ਼ਕਾਂ ਪਾਸ ਆਉਣ ਦੇ ਅਮਲ ਕਰਕੇ ਕੁਝ ਅਦਲਾ–ਬਦਲੀ ਭੀ ਆ ਗਈ ਸੀ ।"

ਜੇ ਇਹ ਬਾਣੀ ਬਦਲੀ ਹੋਈ ਹੀ ਹੈ, ਤਾਂ ਇਸ ਵਿਚੋਂ ਕਬੀਰ ਜੀ ਦਾ ਜੀਵਨ ਲੱਭਣ ਦਾ ਕੀਹ ਲਾਭ? ਇਹ ਤਾਂ ਇਤਬਾਰ–ਜੋਗ ਹੀ ਨਾ ਰਹੀ । ਇਸ ਵਿਚੋਂ ਲੱਭਾ ਹੋਇਆ 'ਜੀਵਨ' ਭੀ ਕਿਵੇਂ ਭਰੋਸੇ–ਜੋਗ ਹੋ ਸਕਦਾ ਹੈ? ਸੋ, ਅਸਾਂ ਇਹ ਭੀ ਸਾਬਤ ਕਰਨਾ ਹੈ ਕਿ ਕਬੀਰ ਜੀ ਦੀ ਇਹ ਬਾਣੀ ਬਦਲੀ ਹੋਈ ਨਹੀਂ ਹੈ । ਇਹ ਗੱਲ ਤਦੋਂ ਹੀ ਸਿੱਧ ਹੋ ਸਕਦੀ ਹੈ ਜੇ ਅਸੀ ਇਹ ਲੱਭ ਸਕੀਏ ਕਿ ਗੁਰੂ ਨਾਨਕ ਦੇਵ ਜੀ ਨੇ ਆਪ ਹੀ ਇਹ ਬਾਣੀ ਇਕੱਠੀ ਕੀਤੀ ਸੀ । {ਪੜ੍ਹੋ ਮੇਰਾ ਅਗਲਾ ਲੇਖ 'ਭਗਤ ਕਬੀਰ ਜੀ ਅਤੇ ਗੁਰੂ ਨਾਨਕ ਦੇਵ ਜੀ'} ।

ਹਿੰਦੂ ਕਿ ਮੁਸਲਮਾਨ?—

(ੳ) ਇਹ ਖ਼ਿਆਲ ਉੱਕਾ ਹੀ ਗ਼ਲਤ ਹੈ ਕਿ ਕਬੀਰ ਜੀ ਮੁਸਲਮਾਨ ਸਨ । ਬਾਬਾ ਫ਼ਰੀਦ ਜੀ ਅਤੇ ਭਗਤ ਕਬੀਰ ਜੀ ਦੀ ਸਾਰੀ ਬਾਣੀ ਪੜ੍ਹ ਕੇ ਵੇਖੋ, ਗਹੁ ਨਾਲ ਪੜ੍ਹ ਕੇ ਵੇਖੋ । ਇਕ ਗੱਲ ਸਾਫ਼ ਪ੍ਰਤੱਖ ਦਿੱਸ ਰਹੀ ਹੈ । ਫ਼ਰੀਦ ਜੀ ਹਰ ਥਾਂ ਮੁਸਲਮਾਨੀ ਲਫ਼ਜ਼ ਵਰਤਦੇ ਹਨ—ਮੁਲਕੁਲਮੌਤ, ਪੁਰਸਲਾਤ (ਪੁਲ ਸਿਰਾਤ), ਅਕਲਿ ਲਤੀਫ, ਗਿਰੀਵਾਨ, ਮਰਗ ਆਦਿਕ ਸਭ ਮੁਸਲਮਾਨੀ ਲਫ਼ਜ਼ ਹੀ ਹਨ । ਖ਼ਿਆਲ ਭੀ ਉਹਨਾਂ ਨੇ ਇਸਲਾਮ ਵਾਲੇ ਹੀ ਦਿੱਤੇ ਹਨ; ਜਿਵੇਂ—

"ਮਿਟੀ ਪਈ ਅਤੋਲਵੀ, ਕੋਇ ਨ ਹੋਸੀ ਮਿਤੁ ॥"

ਇੱਥੇ ਮੁਰਦੇ ਦੱਬਣ ਵਲ ਇਸ਼ਾਰਾ ਹੈ ।

ਕਬੀਰ ਜੀ ਦੀ ਬਾਣੀ ਵਿਚ ਸਾਰੇ ਲਫ਼ਜ਼ ਹੇਂਦਕੇ ਹਨ । ਸਿਰਫ਼ ਉੱਥੇ ਹੀ ਮੁਸਲਮਾਨੀ ਲਫ਼ਜ਼ ਮਿਲਣਗੇ, ਜਿੱਥੇ ਕਿਸੇ ਮੁਸਲਮਾਨ ਨਾਲ ਬਹਿਸ ਹੈ । ਪਰਮਾਤਮਾ ਵਾਸਤੇ ਭੀ ਕਬੀਰ ਜੀ ਨੇ ਆਮ ਤੌਰ ਤੇ ਉਹੀ ਨਾਮ ਵਰਤੇ ਹਨ ਜੋ ਹਿੰਦੂ ਲੋਕ ਆਪਣੇ ਅਵਤਾਰਾਂ ਵਾਸਤੇ ਵਰਤਦੇ ਹਨ ਅਤੇ ਜੋ ਸਤਿਗੁਰੂ ਜੀ ਨੇ ਭੀ ਬਹੁਤ ਵਾਰੀ ਵਰਤੇ ਹਨ—ਪੀਤਾਂਬਰ, ਰਾਮ, ਹਰਿ, ਨਾਰਾਇਨ, ਸਾਰਿੰਗ ਧਰ, ਠਾਕੁਰ ਆਦਿ ।

ਇਸ ਉਪਰ–ਲਿਖੀ ਵਿਚਾਰ ਤੋਂ ਸੁਤੇ ਹੀ ਇਹ ਨਤੀਜਾ ਨਿਕਲਦਾ ਹੈ ਕਿ ਬਾਬਾ ਫ਼ਰੀਦ ਜੀ ਮੁਸਲਮਾਨੀ ਘਰ ਤੇ ਮੁਸਲਮਾਨੀ ਖ਼ਿਆਲਾਂ ਵਿਚ ਪਲੇ ਸਨ, ਕਬੀਰ ਜੀ ਹਿੰਦੂ–ਘਰ ਤੇ ਹਿੰਦੂ–ਸੱਭਿਅਤਾ ਵਿਚ । ਹਾਂ, ਹਿੰਦੂ ਕੁਰੀਤੀਆਂ ਤੇ ਕੁਰਸਮਾਂ ਨੂੰ ਕਬੀਰ ਜੀ ਨੇ ਦਿਲ ਖੋਹਲ ਕੇ ਨਸ਼ਰ ਕੀਤਾ ਹੈ । ਇਹ ਗੱਲ ਭੀ ਇਹੀ ਜ਼ਾਹਰ ਕਰਦੀ ਹੈ ਹਿੰਦੂ–ਘਰ ਵਿਚ ਜਨਮ ਹੋਣ ਤੇ ਪਲਣ ਕਰਕੇ ਕਬੀਰ ਜੀ ਹਿੰਦੂ–ਰਸਮਾਂ ਤੇ ਮਰਯਾਦਾਂ ਨੂੰ ਚੰਗੀ ਤਰ੍ਹਾਂ ਜਾਣਦੇ ਸਨ ।

(ਅ) ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਈ ਭਗਤ–ਬਾਣੀ ਦੇ ਸਿਰਲੇਖ ਧਿਆਨ ਨਾਲ ਪੜ੍ਹ ਕੇ ਵੇਖੋ । ਇਹ ਸਿਰਲੇਖ ਗੁਰੂ ਸਾਹਿਬ ਦੇ ਲਿਖੇ ਹੋਏ ਹਨ । ਸਿਰਫ਼ ਫ਼ਰੀਦ ਜੀ ਵਾਸਤੇ ਲਫ਼ਜ਼ 'ਸ਼ੇਖ' ਵਰਤਦੇ ਹਨ, ਬਾਕੀ ਸਭਨਾਂ ਵਾਸਤੇ 'ਭਗਤ' । 'ਸ਼ੇਖ' ਮੁਸਲਮਾਨੀ ਲਫ਼ਜ਼ ਹੈ, ਮੁਸਲਮਾਨ ਵਾਸਤੇ ਹੀ ਵਰਤਿਆ ਜਾ ਸਕਦਾ ਹੈ । 'ਭਗਤ' ਹੇਂਦਕਾ ਲਫ਼ਜ਼ ਹੈ ਤੇ ਸਿਰਫ਼ ਹਿੰਦੂ ਵਾਸਤੇ ਹੀ ਵਰਤਿਆ ਜਾ ਸਕਦਾ ਹੈ ।

(ੲ) ਜੇ ਕਬੀਰ ਜੀ ਦੇ ਜਨਮ ਬਾਰੇ ਉਹ ਕੋਝੀ ਕਹਾਣੀ ਮੰਨ ਲਈ ਜਾਏ, ਤਾਂ ਕਬੀਰ ਜੀ ਜਨਮ ਤੋਂ ਹੀ ਇਕ ਮੁਸਲਮਾਨ ਜੁਲਾਹੇ ਦੇ ਘਰ ਪਲੇ, ਉਸ ਨੇ ਉਹਨਾਂ ਦਾ ਨਾਮ ਭੀ ਮੌਲਵੀ ਪਾਸੋਂ ਰਖਾਇਆ । ਹਰੇਕ ਮੁਸਲਮਾਨ ਆਪਣੇ ਪੁੱਤਰ ਦੀ ਸੁੰਨਤ ਛੋਟੀ ਉਮਰੇ ਕਰ ਦੇਂਦਾ ਹੈ । ਪਰ ਸੁੰਨਤ ਬਾਰੇ ਕਬੀਰ ਜੀ ਦਾ ਆਸਾ ਰਾਗ ਦਾ ਸ਼ਬਦ ਪੜ੍ਹ ਵੇਖੋ :—

ਸਕਤਿ ਸਨੇਹੁ ਕਰਿ ਸੁੰਨਤਿ ਕਰੀਐ, ਮੈ ਨ ਬਦਉਗਾ ਭਾਈ ॥ ਜਉ ਰੇ ਖੁਦਾਇ ਮੋਹਿ ਤੁਰਕੁ ਕਰੈਗਾ, ਆਪਨ ਹੀ ਕਟਿ ਜਾਈ ॥੨॥ ਸੁੰਨਤਿ ਕੀਏ ਤੁਰਕੁ ਜੇ ਹੋਇਗਾ, ਅਉਰਤ ਕਾ ਕਿਆ ਕਰੀਐ ॥ਅਰਧ ਸਰੀਰੀ ਨਾਰਿ ਨ ਛੋਡੈ, ਤਾ ਤੇ ਹਿੰਦੂ ਹੀ ਰਹੀਐ ॥੩॥

ਇਸ ਸ਼ਬਦ ਤੋਂ ਸਾਫ਼ ਜ਼ਾਹਰ ਹੈ ਕਿ ਨਾ ਹੀ ਕਬੀਰ ਜੀ ਦੀ ਸੁੰਨਤ ਹੋਈ ਹੋਈ ਸੀ ਅਤੇ ਨਾ ਹੀ ਉਹ ਇਸ ਦੇ ਹੱਕ ਵਿਚ ਸਨ । ਮੁਸਲਮਾਨ ਜੁਲਾਹੇ ਦੇ ਘਰ ਪਲੇ ਕਬੀਰ ਜੀ ਦੀ ਸੁੰਨਤ ਕਿਉਂ ਨਾ ਕਰਾਈ ਗਈ?

ਇੱਥੇ ਇਕ ਹੋਰ ਸੁਆਦਲੀ ਗੱਲ ਭੀ ਚੇਤੇ ਰੱਖਣ ਵਾਲੀ ਹੈ । ਕਬੀਰ ਜੀ ਮੁਸਲਮਾਨੀ ਪੱਖ ਦਾ ਜ਼ਿਕਰ ਕਰਦੇ ਹੋਏ ਘਰ ਦੀ ਸਾਥਣ ਅਤੇ ਮੁਸਲਮਾਨੀ ਲਫ਼ਜ਼ 'ਅਉਰਤ' ਵਰਤਦੇ ਹਨ । ਪਰ ਆਪਣਾ ਪੱਖ ਦੱਸਣ ਵੇਲੇ ਹਿੰਦੂ–ਲਫ਼ਜ਼ 'ਅਰਧ ਸਰੀਰੀ ਨਾਰਿ' ਵਰਤਦੇ ਹਨ ।

(ਸ) ਹਿੰਦੂ ਕੌਮ ਵਿਚ ਤਾਂ ਉੱਚੀ ਨੀਵੀਂ ਜਾਤ ਦਾ ਵਿਤਕਰਾ ਆਮ ਪ੍ਰਸਿੱਧ ਹੈ । ਮੁਸਲਮਾਨ ਕੌਮ ਵਿਚ ਕਿਸੇ ਨੂੰ ਸ਼ੂਦਰ ਨਹੀਂ ਕਿਹਾ ਜਾ ਸਕਦਾ । ਜੇ ਕਬੀਰ ਜੀ ਮੁਸਲਮਾਨ ਜੁਲਾਹੇ ਹੁੰਦੇ ਤਾਂ ਕੋਈ ਬ੍ਰਾਹਮਣ ਉਹਨਾਂ ਨੂੰ ਸ਼ੂਦਰ ਆਖਣ ਦੀ ਦਲੇਰੀ ਨਾ ਕਰਦਾ, ਖ਼ਾਸ ਤੌਰ ਤੇ ਜਦੋਂ ਕਿ ਰਾਜ ਭੀ ਮੁਸਲਮਾਨ ਪਠਾਣਾਂ ਦਾ

ਸੀ । ਹਿੰਦੂ ਜੁਲਾਹੇ ਨੂੰ ਹੀ ਸ਼ੂਦਰ ਆਖਿਆ ਜਾ ਸਕਦਾ ਸੀ, ਤਾਹੀਏਂ ਅੱਗੋਂ ਕਬੀਰ ਜੀ ਨੇ ਉੱਤਰ ਦਿੱਤਾ ਸੀ :

"ਤੁਮ ਕਤ ਬ੍ਰਾਹਮਣੁ, ਹਮ ਕਤ ਸੂਦ ॥"

(ਹ) ਮੁਸਲਮਾਨ ਆਪਣੀ ਬੋਲੀ ਵਿਚ ਆਪਣੇ ਵਾਸਤੇ ਲਫ਼ਜ਼ 'ਦਾਸ' ਨਹੀਂ ਵਰਤਦੇ । ਪਰ ਕਬੀਰ ਜੀ ਨੇ ਕਈ ਥਾਈਂ ਆਪਣੇ ਆਪ ਨੂੰ 'ਦਾਸੁ ਕਬੀਰੁ' ਲਿਖਿਆ ਹੈ ।

(ਕ) ਆਸਾ ਰਾਗ ਦੇ ਸ਼ਬਦ ਨੰ: ੨੬ ਵਿਚ ਕਬੀਰ ਜੀ ਲਿਖਦੇ ਹਨ :

ਹਮ ਗੋਰੂ, ਤੁਮ ਗੁਆਰ ਗੁਸਾਈ, ਜਨਮ ਮਰਨ ਰਖਵਾਰੇ ॥
ਕਬਹੂੰ ਨ ਪਾਰਿ ਉਤਾਰਿ ਚਰਾਇਹੁ, ਕੈਸੇ ਖਸਮ ਹਮਾਰੇ ॥੨॥
ਤੂੰ ਬਾਮ੍ਹਨੁ, ਮੈ ਕਾਸੀਕ ਜੁਲਹਾ ....

ਭਾਵ :—ਕਈ ਜਨਮਾਂ ਤੋਂ ਤੁਸੀ ਲੋਕ ਸਾਡੇ ਰਾਖੇ ਬਣੇ ਆ ਰਹੇ ਹੋ । ਅਸੀ ਤੁਹਾਡੀਆਂ ਗਾਈਆਂ ਬਣੇ ਰਹੇ, ਤੁਸੀ ਸਾਡੇ ਗੁਆਲੇ ਖ਼ਸਮ ਬਣੇ ਰਹੇ । ਪਰ ਤੁਸੀ ਹੁਣ ਤਕ ਨਕਾਰੇ ਹੀ ਸਾਬਤ ਹੋਏ ।

(ਇਹ ਠੀਕ ਹੈ ਕਿ) ਤੂੰ ਕਾਸ਼ੀ ਦਾ ਬ੍ਰਾਹਮਣ ਹੈਂ (ਤੈਨੂੰ ਮਾਣ ਹੈ ਆਪਣੀ ਵਿੱਦਿਆ ਦਾ) ਮੈਂ ਜੁਲਾਹਾ ਹਾਂ (ਜਿਸ ਨੂੰ ਤੁਹਾਡੀ ਵਿੱਦਿਆ ਪੜ੍ਹਨ ਦਾ ਹੱਕ ਨਹੀਂ)..........

ਕੋਈ ਮੁਸਲਮਾਨ ਜੁਲਾਹਾ ਇਹ ਨਹੀਂ ਮੰਨਦਾ ਕਿ ਬ੍ਰਾਹਮਣ ਅਜੇ ਤਕ ਉਸ ਦਾ ਗੁਸਾਈ ਗੁਆਲਾ ਹੈ ਤੇ ਉਹ ਉਸ ਦੀ ਗਾਈਂ ਹੈ ।

(ਖ) ਰਾਗ ਗੌਂਡ ਦਾ ਹੇਠ-ਲਿਖਿਆ ਸ਼ਬਦ ਧਿਆਨ ਨਾਲ ਪੜ੍ਹੋ :—

ਨਰੂ ਮਰੈ, ਨਰੁ ਕਾਮਿ ਨ ਆਵੈ ॥ ਪਸੂ ਮਰੈ, ਦਸ ਕਾਜ ਸਵਾਰੈ ॥੧॥ ... ... ਹਾਡ ਜਲੇ ਜੈਸੇ ਲਕਰੀ ਕਾ ਤੂਲਾ ਕੇਸ ਜਲੇ ਜੈਸੇ ਘਾਸ ਕਾ ਪੂਲਾ ॥੨॥ ਕਹੁ ਕਬੀਰ ਤਬ ਹੀ ਨਰੁ ਜਾਗੈ ॥ ਜਮ ਕਾ ਡੰਡੁ ਮੂਡ ਮਹਿ ਲਾਗੈ ॥੩॥੨॥ {ਪੰਨਾ ੮੭੦}

ਸਰੀਰ ਦੀ ਅੰਤਲੀ ਦਸ਼ਾ ਦਾ ਸਹਿਜ ਸੁਭਾਇ ਜ਼ਿਕਰ ਕਰਦੇ ਹੋਏ ਭੀ ਕਬੀਰ ਜੀ ਹਿੰਦੂ-ਮਰਯਾਦਾ ਹੀ ਦੱਸਦੇ ਹਨ ਕਿ ਮਰਨ ਤੇ ਜਿਸਮ ਅੱਗ ਦੀ ਭੇਟ ਹੋ ਜਾਂਦਾ ਹੈ । ਇਸ ਸ਼ਬਦ ਵਿਚ ਕਿਸੇ ਭੀ ਮਜ਼ਹਬ ਦੀ ਬਾਬਤ ਕੋਈ ਬਹਿਸ ਨਹੀਂ ਹੈ । ਸਾਧਾਰਨ ਤੌਰ ਤੇ ਇਨਸਾਨੀ ਹਾਲਤ ਬਿਆਨ ਕੀਤੀ ਗਈ ਹੈ । ਇਸ ਸਾਧਾਰਨ ਹਾਲਤ ਦੇ ਦੱਸਣ ਵਿਚ ਭੀ ਸਿਰਫ਼ ਸਾੜਨ ਦੇ ਰਿਵਾਜ ਦਾ ਜ਼ਿਕਰ ਸਾਫ਼ ਸਾਬਤ ਕਰਦਾ ਹੈ ਕਿ ਕਬੀਰ ਜੀ ਮੁਸਲਮਾਨ ਨਹੀਂ ਸਨ, ਹਿੰਦੂ-ਘਰ ਦੇ ਜੰਮ-ਪਲ ਸਨ ।

ਨੋਟ :—ਹੋਰ ਵੇਖੋ ਹੇਠ-ਲਿਖੇ ਸ਼ਬਦ :—

ਗਉੜੀ ੧੧, ੧੬, ਆਸਾ ੮, ਬਿਲਾਵਲ ੪, ਰਾਮਕਲੀ ੨, ਕੇਦਾਰਾ ੬, ਭੈਰਉ ੧੫ ।

(ਗ) ਭਗਤ ਜੀ ਦਾ ਨਾਮ ਮੁਸਲਮਾਨਾਂ ਵਾਲਾ ਜਾਪਦਾ ਹੈ । ਪਰ ਨਿਰਾ ਇਸ ਤੋਂ ਹੀ ਯਕੀਨ ਬਣਾ ਲੈਣਾ ਕਿ ਕਬੀਰ ਜੀ ਮੁਸਲਮਾਨ ਸਨ, ਬੜੀ ਭੁਲੇਖੇ ਵਾਲੀ ਗੱਲ ਹੈ । ਪੂਰਬੀਆਂ ਵਿਚ ਰਾਮ ਦੀਨ, ਗੰਗਾ ਦੀਨ ਆਦਿਕ ਨਾਮ ਅਨੇਕਾਂ ਨੇ ਰੱਖੇ ਹੋਏ ਸਨ, ਪਰ ਹਨ ਉਹ ਹਿੰਦੂ ।

(ਘ) ਰਾਗ ਮਲਾਰ ਵਿਚ ਭਗਤ ਰਵਿਦਾਸ ਜੀ ਦਾ ਇਕ ਸ਼ਬਦ ਹੈ, ਜਿਸ ਨੂੰ ਬੇਪਰਵਾਹੀ ਨਾਲ ਪੜ੍ਹਿਆਂ ਕਬੀਰ ਜੀ ਦੇ ਮੁਸਲਮਾਨ ਹੋਣ ਦਾ ਭੁਲੇਖਾ ਲੱਗ ਸਕਦਾ ਹੈ ।

{ਉਸ ਸ਼ਬਦ ਨੂੰ ਸਮਝਣ ਵਾਸਤੇ ਪੜ੍ਹੋ ਮੇਰਾ 'ਭਗਤ ਬਾਣੀ ਸਟੀਕ ਹਿੱਸਾ ਦੂਜਾ'} ।

ਮਗਹਰ—

ਆਮ ਹਿੰਦੂ ਲੋਕਾਂ ਦਾ ਨਿਸ਼ਚਾ ਸੀ ਕਿ ਜੋ ਮਨੁੱਖ ਬਨਾਰਸ ਵਿਚ ਰਹਿੰਦਾ ਹੋਇਆ ਸਰੀਰ ਤਿਆਗੇ, ਉਹ ਮੁਕਤ ਹੋ ਜਾਂਦਾ ਹੈ, ਕਿਉਂਕਿ ਇਹ ਨਗਰੀ ਸ਼ਿਵ ਜੀ ਦੀ ਹੈ । ਇਕ ਨਗਰ ਹੈ ਮਗਹਰ, ਅਜੁੱਧਿਆ ਤੋਂ ੮੫ ਮੀਲ ਚੜ੍ਹਦੇ ਪਾਸੇ ਅਤੇ ਗੋਰਖਪੁਰ ਤੋਂ ੧੫ ਮੀਲ ਲਹਿੰਦੇ ਵਲ । ਹਿੰਦੂ ਇਸ ਨਗਰ ਨੂੰ ਸਰਾਪਿਆ ਹੋਇਆ ਮੰਨਦੇ ਸਨ । ਇਹ ਖ਼ਿਆਲ ਬਣਿਆ ਹੋਇਆ ਸੀ ਕਿ ਜੋ ਮਨੁੱਖ ਮਗਹਰ ਵਿਚ ਸਰੀਰ ਤਿਆਗਦਾ ਹੈ, ਉਹ ਖੋਤੇ ਦੀ ਜੂਨੀ ਪੈਂਦਾ ਹੈ ।

ਕਬੀਰ ਜੀ ਲੋਕਾਂ ਦਾ ਇਹ ਵਹਿਮ ਦੂਰ ਕਰਨ ਲਈ ਬਨਾਰਸ ਛੱਡ ਕੇ ਮਗਹਰ ਜਾ ਵੱਸੇ ਸਨ । ਗਉੜੀ ਰਾਗ ਦੇ ਇਕ ਸ਼ਬਦ ਵਿਚ ਕਬੀਰ ਜੀ ਇਉਂ ਲਿਖਦੇ ਹਨ :

"ਅਬ ਕਹੁ ਰਾਮ ਕਵਨ ਗਤਿ ਮੋਰੀ ॥ ਤਜੀਲੇ ਬਨਾਰਸ, ਮਤਿ ਭਈ ਥੋਰੀ ॥
ਸਗਲ ਜਨਮੁ ਸਿਵਪੁਰੀ ਗਵਾਇਆ ॥ ਮਰਤੀ ਬਾਰ ਮਗਹਰਿ ਉਠਿ ਆਇਆ ॥"

ਦੋ ਵਾਰੀ—

ਰਾਗ ਰਾਮਕਲੀ ਦੇ ਤੀਜੇ ਸ਼ਬਦ ਵਿਚ (ਪੰਨਾ ੯੬੯) ਕਬੀਰ ਜੀ ਇਉਂ ਲਿਖਦੇ ਹਨ :

"ਤੋਰੇ ਭਰੋਸੇ ਮਗਹਰ ਬਸਿਓ, ਮੇਰੇ ਤਨ ਕੀ ਤਪਤਿ ਬੁਝਾਈ ॥
ਪਹਿਲੇ ਦਰਸਨੁ ਮਗਹਰ ਪਾਇਓ, ਫੁਨਿ ਕਾਸੀ ਬਸੇ ਆਈ ॥੨॥

ਇਥੋਂ ਇਉਂ ਪ੍ਰਤੀਤ ਹੁੰਦਾ ਹੈ ਕਿ ਕਬੀਰ ਜੀ ਦੋ ਵਾਰੀ ਮਗਹਰ ਰਹੇ ਹਨ । ਦੂਜੀ ਵਾਰੀ ਤਾਂ ਲੋਕਾਂ ਦਾ ਇਹ ਭਰਮ ਦੂਰ ਕਰਨ ਵਾਸਤੇ ਗਏ ਕਿ ਮਗਹਰ ਮਰਿਆਂ ਖੋਤੇ ਦੀ ਜੂਨ ਮਿਲਦੀ ਹੈ । ਪਹਿਲੀ ਵਾਰੀ ਜਾਣ ਦਾ ਕਾਰਨ ਇਸ ਸ਼ਬਦ ਤੋਂ ਇਹ ਜਾਪਦਾ ਹੈ ਕਿ ਹਿੰਦੂ ਲੋਕ ਕਾਸ਼ੀ ਨੂੰ ਹੀ ਗਿਆਨ ਪ੍ਰਾਪਤ ਹੋਣ ਦਾ ਅਸਥਾਨ ਮੰਨੀ ਬੈਠੇ ਸਨ । ਕਬੀਰ ਜੀ ਨੇ ਉਹਨਾਂ ਦਾ ਇਹ ਭੁਲੇਖਾ ਦੂਰ ਕਰਨਾ ਸੀ । ਇਹੀ ਜ਼ਿਕਰ ਹੈ ਇਸ ਸ਼ਬਦ ਦੇ ਦੂਜੇ ਬੰਦ ਵਿਚ ।

ਕੇਸਾਧਾਰੀ—

ਕਈ ਵਾਰੀ ਵੇਖਣ ਵਿਚ ਆਉਂਦਾ ਹੈ ਕਿ ਜਦੋਂ ਕੋਈ ਸਿੱਖ ਕਿਸੇ ਵਿਰੋਧੀ ਦਾ ਕੋਈ ਨੁਕਸਾਨ ਹੁੰਦਾ ਵੇਖ ਕੇ ਖ਼ੁਸ਼ ਹੁੰਦਾ ਹੈ, ਤਾਂ ਆਪ-ਮੁਹਾਰਾ ਕਹਿ ਦੇਂਦਾ ਹੈ ਕਿ ਫਲਾਣੇ ਦਾ ਕੀਰਤਨ ਸੋਹਿਲਾ ਪੜ੍ਹਿਆ ਗਿਆ । ਇਹ ਕਿਉਂ? ਕਿਉਂਕਿ ਸਿੱਖ ਕਿਸੇ ਦੇ ਚੜ੍ਹਾਈ ਕਰ ਜਾਣ ਤੇ, ਉਸ ਦੇ ਸਰੀਰ ਦੇ ਸਸਕਾਰ ਪਿਛੋਂ ਸੋਹਿਲੇ ਦੀ ਬਾਣੀ ਦਾ ਪਾਠ ਕਰਦੇ ਹਨ । ਲਫ਼ਜ਼ 'ਸੋਹਿਲਾ' {'ਕੀਰਤਨ ਸੋਹਿਲਾ' ਗ਼ਲਤ ਵਰਤੋਂ ਹੈ} ਮੁਹਾਵਰੇ ਦੇ ਤੌਰ ਤੇ ਹੀ ਵਰਤਿਆ ਜਾਣ ਲੱਗ ਪਿਆ ਹੈ । ਪਰ ਸਿਰਫ਼ ਸਿੱਖਾਂ ਵਿਚ ਹੀ, ਕਿਉਂਕਿ ਬਾਣੀ 'ਸੋਹਿਲਾ' ਦਾ ਸੰਬੰਧ ਸਿਰਫ਼ ਸਿੱਖਾਂ ਨਾਲ ਹੈ ।

ਭੰਗ ਪੀਣ ਵਾਲੇ ਕਈ ਸਿੱਖਾਂ ਨੇ ਭੰਗ ਦਾ ਨਾਮ 'ਸੁਖ-ਨਿਧਾਨ' ਰੱਖ ਲਿਆ ਹੈ । ਇਹ ਲਫ਼ਜ਼ ਗੁਰਬਾਣੀ ਵਿਚ ਆਮ ਵਰਤਿਆ ਮਿਲਦਾ ਹੈ—ਸੁਖਾਂ ਦਾ ਖ਼ਜ਼ਾਨਾ । ਇਕ ਸਿੱਖ ਅਖ਼ਬਾਰ ਨੇ ਹਾਸ-ਰਸ ਦੀਆਂ ਗੱਲਾਂ ਲਿਖਣ ਵਾਲੇ ਥਾਂ ਸਿਰਲੇਖ ਹੀ ਇਹ ਵਰਤਣਾ ਸ਼ੁਰੂ ਕਰ ਦਿੱਤਾ ਸੀ 'ਸੁਖ-ਨਿਧਾਨ' ਦੀ ਮੌਜ ਵਿਚ, ਗੁਰੂ ਗ੍ਰੰਥ ਸਾਹਿਬ ਵਿਚ ਲਫ਼ਜ਼ 'ਸੁਖ-ਨਿਧਾਨ' ਅਨੇਕਾਂ ਵਾਰੀ ਪੜ੍ਹਨ ਦੇ ਕਾਰਨ ਇਹ ਮੁਹਾਵਰਾ ਭੀ ਇਕ ਸਿੱਖ ਦੀ ਜੀਭ ਉੱਤੇ ਚੜ੍ਹ ਸਕਦਾ ਸੀ (ਹੈ ਉਂਞ ਕੋਝੀ ਗੱਲ ਕਿ ਇਸ ਪਵਿੱਤਰ ਲਫ਼ਜ਼ ਨੂੰ ਨਸ਼ੇ ਦਾ ਨਾਮ ਦੇ ਦੇਣਾ) ।

ਮਨੁੱਖ ਆਪਣੀ ਬੋਲੀ ਵਿਚ ਉਹਨਾਂ ਚੀਜ਼ਾਂ ਦੇ ਨਾਮ (ਮੁਹਾਵਰੇ ਦੇ ਤੌਰ ਤੇ ਭੀ) ਸੁਤੇ ਹੀ ਵਰਤਣ ਦਾ ਆਦੀ ਹੋ ਜਾਂਦਾ ਹੈ, ਜਿਨ੍ਹਾਂ ਨਾਲ ਉਸ ਨੂੰ ਹਰ ਰੋਜ਼ ਵਾਹ ਪੈਂਦਾ ਹੈ । ਦੁਕਾਨਦਾਰ, ਕਿਸਾਨ, ਤਰਖਾਣ, ਲੋਹਾਰ ਆਦਿਕ ਬੰਦਿਆਂ ਦੇ ਮੁਹਾਵਰੇ ਦੇ ਤੌਰ ਤੇ ਵਰਤੇ ਹੋਏ ਲਫ਼ਜ਼ ਆਮ ਤੌਰ ਤੇ ਵਖ ਵਖ ਹੋਣਗੇ । ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 'ਕੇਸਾ ਕਾ ਕਰਿ ਚਵਰੁ ਢੁਲਾਵਾ' ਵਰਗੇ ਉਹ ਵਾਕ ਜਿਨ੍ਹਾਂ ਵਿਚ ਲਫ਼ਜ਼ 'ਕੇਸ' ਵਰਤਿਆ ਗਿਆ ਹੈ, ਪੜ੍ਹ ਕੇ ਸੁਤੇ ਹੀ ਇਸ ਨਤੀਜੇ ਉੱਤੇ ਪਹੁੰਚਣਾ ਪੈਂਦਾ ਹੈ ਕਿ ਅਜਿਹੇ ਵਾਕਾਂ ਦੇ ਲਿਖਣ ਵਾਲੇ 'ਕੇਸਾਧਾਰੀ' ਹੀ ਹੋ ਸਕਦੇ ਹਨ ।

ਕਬੀਰ ਜੀ ਦੇ ਹੇਠ ਲਿਖੇ ਸ਼ਬਦ ਭੀ ਇਸ ਸਿਲਸਿਲੇ ਵਿਚ ਪਾਠਕਾਂ ਵਾਸਤੇ ਦਿਲਚਸਪੀ ਦਾ ਕਾਰਨ ਬਣਨਗੇ :—

(ੳ) ਰਾਮਕਲੀ ੪ (ਪੰਨਾ ੯੬੯)
. . ਸੰਤਾ ਮਾਨਉ, ਦੂਤਾ ਡਾਨਉ, ਇਹ ਕੁਟਵਾਰੀ ਮੇਰੀ ॥
. . ਦਿਵਸ ਰੈਨਿ ਤੇਰੇ ਪਾਉ ਪਲੋਸਉ, ਕੇਸ ਚਵਰ ਕਰਿ ਫੇਰੀ ॥੧॥

(ਅ) ਮਾਰੂ ੬ (ਪੰਨਾ ੧੧੦੪)
. . ਕਾਹੇ ਕੀਜਤ ਹੈ ਮਨਿ ਭਾਵਨੁ ॥
. . ਜਬ ਜਮੁ ਆਇ ਕੇਸ ਤੇ ਪਕਰੈ, ਤਹ ਹਰਿ ਕੋ ਨਾਮੁ ਛਡਾਵਨ ॥੧॥ਰਹਾਉ॥

(ੲ) ਮਾਰੂ ੧੨ (ਪੰਨਾ ੧੧੦੬)
. . ਜਉ ਜਮ ਆਇ ਕੇਸ ਗਹਿ ਪਟਕੈ, ਤਾ ਦਿਨ ਕਿਛੁ ਨ ਬਸਾਹਿਗਾ ॥
. . ਸਿਮਰਨੁ ਭਜਨੁ ਦਇਆ ਨਹੀ ਕੀਨੀ, ਤਉ ਮੁਖਿ ਚੋਟਾ ਖਾਹਿਗਾ ॥੨॥

ਭਗਤ ਬਾਣੀ ਦਾ ਵਿਰੋਧੀ ਸੱਜਣ

ਕਬੀਰ ਜੀ ਬਾਰੇ

(੧) ਮੁਸਲਮਾਨ ਤੋਂ ਹਿੰਦੂ—

ਵਿਰੋਧੀ ਸੱਜਣ ਲਿਖਦਾ ਹੈ—'ਅਸਲੋਂ ਕਬੀਰ ਜੀ ਦਾ ਜਨਮ ਮਾਤਾ ਨੀਮਾ ਪਿਤਾ ਨੀਰੂ (ਮੁਹੰਮਦ ਅਲੀ) ਮੁਸਲਮਾਨ ਜੁਲਾਹੇ ਦੇ ਘਰ ਹੋਇਆ । ਇਹਨਾਂ ਦਾ ਅਸਲ ਨਾਮ 'ਕਬੀਰ ਉੱਦੀਨ' ਸੀ ।......

"ਕਬੀਰ ਜੀ ਨੂੰ ਇਸਲਾਮ ਮਤ ਤੋਂ ਤੱਸਲੀ ਨ ਹੋਈ, ਤਦ ਕਬੀਰ ਜੀ ਨੇ ਰਾਮਾਨੰਦ ਜੀ ਨੂੰ ਗੁਰੂ ਧਾਰਨ ਕੀਤਾ, ਜੋ ਕਿ ਪੱਕੇ ਵੈਸ਼ਨਵ ਬੈਰਾਗੀ ਸਨ, ਛੂਤ-ਛਾਤ ਦੇ ਹਾਮੀ ਸਨ । ਸੁਆਮੀ ਰਾਮਾਨੰਦ ਜੀ ਨੇ ਕਬੀਰ ਜੀ ਨੂੰ ਕੰਠੀ ਤਿਲਕ ਆਦਿਕ ਵੈਰਾਗੀ ਸਾਧਾਂ ਦੇ ਚਿੰਨ੍ਹ ਦੇ ਕੇ ਚੇਲਾ ਬਣਾ ਲਿਆ ।"

ਵਿਰੋਧੀ ਸੱਜਣ ਜੀ ਨੇ ਘਾੜਤ ਤਾਂ ਘੜੀ, ਪਰ ਸਿਰੇ ਨਹੀਂ ਚੜ੍ਹ ਸਕੀ ।

(ੳ) ਹਿੰਦੂ-ਮਤ ਕਿਸੇ ਜਨਮ-ਦੇ-ਮੁਸਲਮਾਨ ਨੂੰ ਹਿੰਦੂ ਨਹੀਂ ਬਣਾ ਸਕਦਾ ਸੀ ।

(ਅ) ਕਬੀਰ ਜੀ ਪਠਾਣਾਂ ਦੇ ਰਾਜ ਸਮੇ ਹੋਏ ਹਨ । ਉਸ ਮੁਸਲਿਮ ਰਾਜ ਵਿਚ ਕੋਈ ਮੁਸਲਮਾਨ ਆਪਣਾ ਮਜ਼ਹਬ ਛੱਡ ਕੇ ਹਿੰਦੂ ਨਹੀਂ ਬਣ ਸਕਦਾ ਸੀ । ਇਹ ਸ਼ਰਹ ਦਾ ਕਾਨੂੰਨ ਸਖ਼ਤੀ ਨਾਲ ਵਰਤਿਆ ਜਾ ਰਿਹਾ ਸੀ ।

(ੲ) ਛੂਤ-ਛਾਤ ਦੇ ਹਾਮੀ ਰਾਮਾਨੰਦ ਜੀ ਨੇ ਮੁਸਲਮਾਨ (ਮਲੇਛ?) ਨੂੰ ਆਪਣਾ ਚੇਲਾ ਕਿਵੇਂ ਬਣਾ ਲਿਆ?

(ਸ) ਚੇਲੇ ਦਾ ਨਵਾਂ ਨਾਮ ਵਿਰੋਧੀ ਸੱਜਣ ਨੇ ਘੜਿਆ ਹੀ ਨਹੀਂ । ਸ਼ਾਇਦ ਚੇਤਾ ਭੁੱਲ ਗਿਆ । ਮੁਸਲਮਾਨੀ ਨਾਮ ਹੀ ਰਹਿਣ ਦਿੱਤਾ ।

(ਹ) ਤਿਲਕ ਦੀ ਤਾਂ ਕਬੀਰ ਜੀ ਨੇ ਆਪ ਹੀ ਨਿਖੇਧੀ ਕੀਤੀ ਹੋਈ ਹੈ । ਰਾਮਾਨੰਦ ਜੀ ਪਾਸੋਂ ਕਿਵੇਂ ਇਹ ਚਿੰਨ੍ਹ ਪਰਵਾਨ ਕਰ ਲਿਆ?

(ਕ) ਪਰ ਜਿਸ ਮਹਾਂ ਪੁਰਖ ਨੂੰ ਵਿਰੋਧੀ ਸੱਜਣ ਜੀ ਵੈਸ਼ਨਵ ਬੈਰਾਗੀ ਕਹਿ ਰਹੇ ਹਨ, ਉਸ ਬਾਰੇ ਗੁਰੂ ਅਮਰਦਾਸ ਜੀ ਲਿਖਦੇ ਹਨ :

"ਨਾਮਾ ਛੀਬਾ, ਕਬੀਰੁ ਜੁੋਲਾਹਾ, ਪੂਰੇ ਗੁਰ ਤੇ ਗਤਿ ਪਾਈ ॥"

(੨) ਮੰਗ ਖਾਣ ਦਾ ਪਰਚਾਰ—

ਇਸ ਸਿਰਲੇਖ ਹੇਠ ਵਿਰੋਧੀ ਸੱਜਣ ਲਿਖਦਾ ਹੈ—"ਕਬੀਰ ਜੀ ਬਾਬਤ ਆਮ ਪ੍ਰਸਿੱਧ ਹੈ ਕਿ ਆਪ ਕਿਰਤ ਕਰ ਕੇ ਛਕਦੇ ਸਨ । ਪਰ ਕਬੀਰ ਜੀ ਦੀ ਰਚਨਾ ਵਿਚ ਰਾਜਜੋਗ ਦੀ ਅਵਸਥਾ ਦੇ ਚਿੰਨ੍ਹ ਉੱਕੇ ਨਹੀਂ ਮਿਲਦੇ । ਇਸ ਤੋਂ ਉਲਟ ਮੰਗ ਖਾਣ ਅਤੇ ਮਖੱਟੂ ਬਣਨ ਦੇ ਕਾਫ਼ੀ ਸਬੂਤ ਮਿਲਦੇ ਹਨ ।

ਸਬੂਤ ਵਜੋਂ ਵਿਰੋਧੀ ਸੱਜਣ ਨੇ ਕਬੀਰ ਜੀ ਦੇ ਸ਼ਲੋਕ ਵਿਚੋਂ ਸ਼ਲੋਕ ਨੰ: ੧੫੦, ੧੫੨, ੧੫੯ ਅਤੇ ੧੯੮ ਦਾ ਹਵਾਲਾ ਦਿੱਤਾ ਹੈ । ਅਗਾਂਹ ਲਿਖਦਾ ਹੈ—

"ਉੱਤੇ ਆਏ ਪ੍ਰਮਾਣਾਂ ਤੋਂ ਸਾਬਤ ਹੋਇਆ ਕਿ ਕਬੀਰ ਜੀ ਮੰਗ ਖਾਣ ਅਤੇ ਮਖੱਟੂ ਬਣ ਕੇ ਵੇਹਲੜਾਂ ਦੀ ਤਰ੍ਹਾਂ ਜ਼ਿੰਦਗੀ ਬਿਤਾਣ ਨੂੰ ਚੰਗਾ ਸਮਝਦੇ ਹਨ । ਆਪ ਫ਼ੁਰਮਾਂਦੇ ਹਨ ਕਿ ਸਾਰਾ ਦੇਸ ਖੁਲ੍ਹਾ ਹੈ, ਕਿਧਰੇ ਮੰਗਦੇ ਖਾਂਦੇ ਫਿਰੋ । ਆਪ ਭੀ ਘਰ ਦੇ ਕੰਮ-ਧੰਧੇ ਛੱਡ ਕੇ ਮੰਗਣ ਲੱਗ ਪਏ ਸਨ ।..."

ਵਿਰੋਧੀ ਸੱਜਣ ਜੀ ਨੇ ਕਬੀਰ ਜੀ ਦੇ ਇਹਨਾਂ ਸ਼ਲੋਕਾਂ ਨੂੰ ਸਮਝਣ ਵਿਚ ਕਾਫੀ ਟਪਲਾ ਖਾਧਾ ਹੈ । ਪਾਠਕ ਸੱਜਣ ਮੇਰਾ 'ਸਟੀਕ ਸਲੋਕ ਭਗਤ ਕਬੀਰ ਜੀ' ਪੜ੍ਹਨ ।

ਵਿੱਦਿਆ ਦਾ ਖੰਡਨ—

ਇਸ ਸਿਰਲੇਖ ਹੇਠ ਵਿਰੋਧੀ ਸੱਜਣ ਲਿਖਦਾ ਹੈ—"ਕਬੀਰ ਜੀ ਪੜ੍ਹਨ ਦਾ ਖੰਡਨ ਕਰਦੇ ਹਨ । ਤਦੇ ਉਹਨਾਂ ਦੇ ਬਹੁਤੇ ਚੇਲੇ ਪੜ੍ਹਾਈ ਤੋਂ ਸੱਖਣੇ ਹੀ ਹਨ । ਕਬੀਰ ਜੀ ਆਪਣੀ ਰਚਨਾ ਅੰਦਰ ਖ਼ੁਦ ਫ਼ੁਰਮਾਂਦੇ ਹਨ ਕਿ ਵਿੱਦਿਆ ਦੀ ਲੋੜ ਨਹੀਂ ।"

ਅਗਾਂਹ ਹੇਠ-ਲਿਖੇ ਪ੍ਰਮਾਣ ਦਿੱਤੇ ਗਏ ਹਨ :—

(ੳ) 'ਬਿਦਿਆ ਨ ਪਰਉ, ਬਾਦੁ ਨਹੀ ਜਾਨਉ ।

(ਅ) ਸ਼ਲੋਕ ਨੰ: ੪੫ 'ਕਬੀਰ ਮੈ ਜਾਨਿਓ ਪੜਿਬੋ ਭਲੋ...

ਇਹ ਪ੍ਰਮਾਣ ਦੇ ਕੇ ਵਿਰੋਧੀ ਸੱਜਣ ਲਿਖਦਾ ਹੈ—"ਸਾਬਤ ਹੁੰਦਾ ਹੈ ਕਿ ਕਬੀਰ ਜੀ ਨੇ ਵਿੱਦਿਆ ਪੜ੍ਹਨ ਨੂੰ ਖੰਡਿਆ ਹੈ । ਪਰ ਗੁਰਮਤਿ ਅੰਦਰ 'ਵਿਦਿਆ ਵੀਚਾਰੀ ਤਾ ਪਰਉਪਕਾਰੀ' ਦੇ ਉਪਦੇਸ਼ ਦੇ ਕੇ ਹਰ ਸਿੱਖ ਵਾਸਤੇ ਲਾਜ਼ਮੀ ਕਰਾਰ ਦਿੱਤਾ ਹੈ ਕਿ ਉਹ ਵਿੱਦਿਆ ਪ੍ਰਾਪਤ ਕਰੇ ।"

ਜਿਸ ਸ਼ਬਦ ਦਾ ਹਵਾਲਾ ਦੇ ਕੇ ਵਿਰੋਧੀ ਸੱਜਣ ਜੀ ਨੇ ਕਬੀਰ ਜੀ ਨੂੰ ਵਿੱਦਿਆ ਪੜ੍ਹਨ ਦੇ ਵਿਰੁੱਧ ਸਮਝਿਆ ਹੈ, ਉਸ ਵਿਚ ਕਬੀਰ ਜੀ ਇਹ ਕਹਿ ਰਹੇ ਹਨ ਕਿ ਆਤਮਕ ਜੀਵਨ ਵਾਸਤੇ ਕਿਸੇ ਚੁੰਚ-ਗਿਆਨਤਾ ਦੀ ਲੋੜ ਨਹੀਂ ਹੈ । ਵਿਰੋਧੀ ਸੱਜਣ ਜੀ ਨੂੰ ਇਹ ਇਤਰਾਜ਼ ਲਿਖਣ ਵੇਲੇ ਆਸਾ ਦੀ ਵਾਰ ਵਿਚਲੇ ਗੁਰੂ ਨਾਨਕ ਦੇਵ ਜੀ ਦੇ ਹੇਠ-ਲਿਖੇ ਸ਼ਲੋਕ ਦਾ ਚੇਤਾ ਨਹੀਂ ਰਿਹਾ ।

'ਪੜਿ ਪੜਿ ਗਡੀ ਲਦੀਅਹਿ, ਪੜਿ ਪੜਿ ਭਰੀਅਹਿ ਸਾਥ ।...

ਸ਼ਲੋਕ ਨੰ: ੪੫ ਵਿਚ ਭੀ ਕਬੀਰ ਜੀ ਨੇ ਇਹੀ ਗੱਲ ਆਖੀ ਹੈ {ਪੜ੍ਹੋ ਮੇਰਾ 'ਸਟੀਕ ਸਲੋਕ ਕਬੀਰ ਜੀ'} ।

(੪) ਭੂਖੇ ਭਗਤਿ ਨ ਕੀਜੈ—

ਇਸ ਸਿਰਲੇਖ ਹੇਠ ਵਿਰੋਧੀ ਸੱਜਣ ਲਿਖਦਾ ਹੈ—'ਕਬੀਰ ਜੀ ਦਾ ਮਤ ਇਹ ਹੈ ਕਿ ਭੁੱਖੇ ਤੋਂ ਭਗਤੀ ਨਹੀਂ ਹੁੰਦੀ ।......ਜੇ ਬਿਲ-ਫ਼ਰਜ਼ ਭਗਤ ਸਾਹਿਬ ਦੀ ਰੁਚੀ ਮੁਤਾਬਿਕ ਚੀਜ਼ਾਂ ਨਾ ਮਿਲਣ, ਤਾਂ ਉਹ ਮਾਲਾ ਸੁੱਟਣ ਨੂੰ ਭੀ ਤਿਆਰ ਹਨ ।......। ਹੈ ਭੀ ਠੀਕ । ਫ਼ਕੀਰਾਂ ਦਾ ਕੰਮ ਵੇਹਲਾ ਬੈਠ ਕੇ ਛਕਣਾ ਹੈ, ਨਾ ਕਿ ਕਿਰਤ-ਕਮਾਈ ਕਰ ਕੇ ।......। ਭਗਤ ਕਬੀਰ ਦਾ ਰੋਟੀ ਲਈ ਵਿਰਲਾਪ ਕਰਨਾ ਗੁਰਮਤਿ ਦੇ ਵਿਰੁੱਧ ਹੈ ।.........। ਕਬੀਰ ਜੀ ਦੇ ਇਸ ਲਿਖੇ ਤੋਂ ਸਾਫ਼ ਜ਼ਾਹਰ ਹੈ ਕਿ ਕਬੀਰ ਜੀ ਦੇ ਰੱਬ ਵਿਚ ਰੋਟੀਆਂ ਦੇਣ ਦੀ ਸਮਰਥਾ ਨਹੀਂ ਸੀ......। ਕਬੀਰ ਜੀ ਦਾ ਰੱਬ ਉੱਤੇ ਭਰੋਸਾ ਨਹੀਂ ਹੈ......। ਉਸ ਪਾਸੋਂ ਰਜ਼ਾਈਆਂ ਦੀ ਮੰਗ ਇਸ ਸ਼ਰਤ ਤੇ ਕਰਨੀ ਕਿ ਜੇ ਤੂੰ ਇਹ ਨਾ ਦਿੱਤੀਆਂ, ਤਾਂ ਆਪਣੀ ਮਾਲਾ-ਰੂਪ ਚਪੜਾਸ ਸਾਂਭ ਲੈ—ਇਹ ਬਹੁਤ ਹੀ ਨੀਵੀਆਂ ਗੱਲਾਂ ਹਨ ।"

ਜਦੋਂ ਕਿਸੇ ਸ਼ਬਦ ਦਾ ਠੀਕ ਅਰਥ ਸਮਝਣ ਦਾ ਜਤਨ ਹੀ ਨਾ ਕੀਤਾ ਜਾਏ, ਟਪਲੇ ਤਾਂ ਲੱਗਣੇ ਹੀ ਹੋਏ । ਅੱਜ ਤੋਂ ਚਾਲੀ ਪੰਜਾਹ ਸਾਲ ਪਹਿਲਾਂ ਜਦੋਂ ਸਿੱਖ-ਦੀਵਾਨਾਂ ਵਿਚ ਢੋਲਕੀਆਂ ਛੈਣਿਆਂ ਨਾਲ ਹੱਲੇ ਅਤੇ ਜੋਟੀਆਂ ਦੀਆਂ ਧਾਰਨਾਂ ਤੇ ਸ਼ਬਦ ਗਾਵਣ ਦਾ ਰਿਵਾਜ ਸੀ, ਕਬੀਰ ਜੀ ਦੇ ਇਸ ਸ਼ਬਦ 'ਭੂਖੇ ਭਗਤਿ ਨ ਕੀਜੈ' ਦੇ ਨਾਲ ਹੀ ਹੇਠ-ਲਿਖੀ ਧਾਰਨਾ ਆਮ-ਤੌਰ ਤੇ ਵਰਤੀ ਜਾਂਦੀ ਸੀ—

ਆਹ ਲੈ ਫੜ ਮਾਲਾ ਆਪਣੀ ਸਾਥੋਂ ਭੁੱਖਿਆਂ ਭਗਤੀ ਨਾ ਹੋਵੇ ।

ਸ਼ਬਦ ਦੀ ਹਰੇਕ ਤੁਕ ਦੇ ਨਾਲ ਪੜ੍ਹੀ ਹੋਈ ਇਹ ਧਾਰਨਾ ਭੀ ਉਸੇ ਭਾਵ ਵਲ ਲੈ ਜਾਂਦੀ ਹੈ, ਜਿੱਧਰ ਜਾਣ ਦਾ ਵਿਰੋਧੀ ਸੱਜਣ ਨੇ ਟਪਲਾ ਖਾਧਾ ਹੈ ।

ਕਬੀਰ ਜੀ ਦੇ ਸ਼ਬਦ 'ਕਰਵਤੁ ਭਲਾ' ਨਾਲ ਭੀ ਆਮ ਤੌਰ ਤੇ ਹੇਠ-ਲਿਖੀ ਹੱਲੇ ਦੀ ਧਾਰਨਾ ਗਾਈ ਜਾਂਦੀ ਸੀ—

ਇੱਕ ਵਾਰੀ ਰਾਮ ਬੋਲਦੀ, ਜੇ ਮੈਂ ਜਾਣਦੀ ਸੱਜਣ ਕੰਡ ਦੇਣੀ ।

ਪਰ ਜਿਹੜਾ ਸੱਜਣ ਇਕ ਉੱਚ-ਕੋਟੀ ਦੇ ਵਿਦਵਾਨ ਮਹਾਂ ਕਵੀ ਮਹਾਂ ਪੁਰਖ ਦੇ ਵਿਰੁੱਧ ਇਸ ਤਰ੍ਹਾਂ ਖਰ੍ਹਵੀ ਕਲਮ ਚੁੱਕਣ ਦਾ ਹੌਸਲਾ ਕਰ ਰਿਹਾ ਹੈ, ਪੜਚੋਲ ਦੇ ਨਿਯਮ ਇਹੋ ਮੰਗ ਕਰਦੇ ਹਨ ਕਿ ਉਹ ਪਹਿਲਾਂ ਪੂਰੀ ਮਿਹਨਤ ਕਰ ਕੇ ਉਸ ਮਹਾਂ ਪੁਰਖ ਦੀ ਬਾਣੀ ਨੂੰ ਸਮਝਣ ਦਾ ਜਤਨ ਕਰੇ । ਬਜ਼ਾਰੀ ਜਿਹੀਆਂ ਟਿਚਕਰਾਂ ਸੋਭਦੀਆਂ ਨਹੀਂ ।

"ਜੇ ਤਉ ਪਿਰੀਆ ਦੀ ਸਿਕ ਹਿਆਉ ਨ ਠਾਹਿ ਕਹੀ ਦਾ ।"

ਜਿਸ ਸ਼ਬਦ ਉੱਤੇ ਵਿਰੋਧੀ ਸੱਜਣ ਨੇ ਉਪਰ-ਲਿਖੀ ਟੀਕਾ-ਟਿੱਪਣੀ ਕੀਤੀ ਹੋਈ ਹੈ ਉਹ ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੋਰਠਿ ਰਾਗ ਵਿਚ ਦਰਜ ਹੈ । ਪਾਠਕ ਸੱਜਣ ਇਸ ਟੀਕੇ ਵਿਚ ਉਸ ਦਾ ਅਰਥ ਪੜ੍ਹਨ ਦੀ ਕਿਰਪਾ ਕਰਨ । ਕਬੀਰ ਜੀ ਨੇ ਮੋਟੀਆਂ ਮੋਟੀਆਂ ਤਿੰਨ ਗੱਲਾਂ ਆਖੀਆਂ ਹਨ—

(੧) ('ਭੂਖੇ') ਤ੍ਰਿਸ਼ਨਾ ਦੇ ਅਧੀਨ ਰਿਹਾਂ ਭਗਤੀ ਨਹੀਂ ਹੋ ਸਕਦੀ । ਤ੍ਰਿਸ਼ਨਾ ਅਤੇ ਸਿਮਰਨ ਦਾ ਮੇਲ ਨਹੀਂ ਹੈ ।

(੨) 'ਮਾਗਉ ਰਾਮ ਤੇ ਸਭ ਥੋਕ' ।

(੩) ਸੰਤੋਖ ਦੇ ਧੁਰੇ ਤੋਂ ਸਿਰਫ਼ ਜੀਵਨ-ਨਿਰਬਾਹ ਲਈ ਹੀ ਮੰਗ ।

ਜ਼ਰੂਰੀ ਨੋਟ—

ਵਿਰੋਧੀ ਸੱਜਣ ਜੀ ਭਗਤ-ਬਾਣੀ ਦੇ ਵਿਰੁੱਧ ਆਪਣਾ ਸਭ ਤੋਂ ਵੱਡਾ ਗਿਲਾ ਇਉਂ ਲਿਖਦੇ ਹਨ—"ਬਹੁਤ ਹੈਰਾਨੀ ਹੈ ਕਿ (ਭਗਤ ਮਤ) ਹਿੰਦੂ ਮੁਸਲਮਾਨ ਭਗਤਾਂ, ਭੱਟਾਂ, ਡੂੰਮਾਂ ਆਦਿ ਦੇ ਤਾਂ ੯੩੦ ਸ਼ਬਦਾਂ ਨੂੰ ਪਵਿੱਤਰ ਬੀੜ ਅੰਦਰ ਥਾਂ ਦਿੱਤੀ ਜਾ ਸਕੀ, ਪਰੰਤੂ ਖ਼ਾਲਸੇ ਦੇ ਅੰਮ੍ਰਿਤ ਦਾਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪਵਿੱਤਰ ਬਾਣੀ ਨੂੰ ਬੀੜ ਵਿਚ ਥਾਂ ਦੇਣੀ ਗੁਨਾਹ ਮੰਨੀ ਜਾਂਦੀ ਹੈ ।"

ਭਗਤ-ਬਾਣੀ ਆਦਿ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਣ ਸੰਬੰਧੀ ਜਿਹੜੀ ਕਹਾਣੀ ਵਿਰੋਧੀ ਸੱਜਣ ਜੀ ਨੇ ਘੜੀ ਹੈ ਉਸ ਬਾਰੇ ਅਸੀ ਖੁਲ੍ਹੀ ਵਿਚਾਰ ਕਰ ਚੁਕੇ ਹਾਂ । ਸਾਡੀ ਜਾਚੇ ਉਹ ਕਹਾਣੀ ਨਿਰੋਲ ਮਨ-ਘੜਤ ਹੈ ਅਤੇ ਪਰਖ ਦੀ ਕਸਵੱਟੀ ਉੱਤੇ ਪੂਰੀ ਨਹੀਂ ਉਤਰ ਸਕੀ ।

ਪਰ ਭਗਤ-ਬਾਣੀ ਆਦਿਕ ਦੇ ਵਿਰੋਧੀ ਸੱਜਣਾਂ ਨੂੰ ਚਾਹੀਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਇਸ ਬਾਣੀ ਦੇ ਵਿਰੁੱਧ ਇਤਨੀ ਖਰ੍ਹਵੀ ਕਲਮ ਵਰਤਣ ਦੇ ਥਾਂ ਉਹ ਆਪਣਾ ਅਸਲ ਸਵਾਲ ਪੰਥ ਦੇ ਸਾਹਮਣੇ ਰੱਖ ਦੇਣ । ਆਖ਼ਰ ਪੰਜਵਾਂ ਤਖ਼ਤ ਸਾਹਿਬ ਅਸਥਾਪਨ ਕਰਨ ਬਾਰੇ ਵੀਚਾਰ ਭੀ ਤਾਂ ਪੰਥ ਦੇ ਸਾਹਮਣੇ ਆ ਹੀ ਗਈ ਹੈ । ਅਜਿਹੇ ਸਵਾਲਾਂ ਉੱਤੇ ਗੰਭੀਰਤਾ ਅਤੇ ਠਰ੍ਹੰਮੇ ਨਾਲ ਵੀਚਾਰ ਹੋਣੀ ਚਾਹੀਦੀ ਹੈ ।

ਵਿਰੋਧੀ ਸੱਜਣਾਂ ਦਾ ਗਿਲਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਮੁਖ-ਵਾਕ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕਿਉਂ ਦਰਜ ਨਹੀਂ ਕੀਤੀ ਜਾਂਦੀ । ਇਹ ਬੜਾ ਗੰਭੀਰ ਸਵਾਲ ਹੈ । ਪਰ ਇੱਥੇ ਇਕ ਹੋਰ ਔਕੜ ਭੀ ਹੈ । ਅਜੇ ਤਕ ਇਸੇ ਗੱਲ ਉੱਤੇ ਮਤ-ਭੇਦ ਚਲਿਆ ਆ ਰਿਹਾ ਹੈ ਕਿ ਸ੍ਰੀ ਦਸਮ ਗ੍ਰੰਥ ਸਾਹਿਬ ਦੀ ਸਾਰੀ ਬਾਣੀ ਹੀ ਸ੍ਰੀ ਮੁਖ-ਵਾਕ ਹੈ ਜਾਂ ਇਸ ਦੇ ਕੋਈ ਖ਼ਾਸ ਖ਼ਾਸ ਹਿੱਸੇ ।

ਸੋ, ਪਹਿਲਾਂ ਤਾਂ ਸਾਰੇ ਸਮੁੱਚੇ ਗੁਰੂ-ਪੰਥ ਦੇ ਪ੍ਰਤੀਨਿਧ ਇਕੱਠ ਵਿਚ ਇਹ ਨਿਰਨਾ ਹੋਣਾ ਚਾਹੀਦਾ ਹੈ ਕਿ ਸ੍ਰੀ ਮੁਖ-ਵਾਕ ਬਾਣੀ ਕਿਤਨੀ ਕੁ ਹੈ । ਉਸ ਤੋਂ ਪਿਛੋਂ ਹੀ ਇਹ ਵਿਚਾਰ ਹੋ ਸਕੇਗੀ ਕਿ ਕੀ ਗੁਰੂ-ਪੰਥ ਨੂੰ ਇਹ ਅਧਿਕਾਰ ਪ੍ਰਾਪਤ ਹੈ ਜੁ ਸ੍ਰੀ ਦਸਮ ਪਾਤਿਸ਼ਾਹ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਕਰ ਲਏ ।

ਪੰਥ ਦੇ ਕਿਸੇ ਇੱਕ ਜੱਥੇ ਨੂੰ ਇਹ ਹੱਕ ਨਹੀਂ ਹੋ ਸਕਦਾ ਕਿ ਉਹ ਸਾਰੇ ਪੰਥ ਦੇ ਥਾਂ ਆਪ ਹੀ ਕੋਈ ਫ਼ੈਸਲਾ ਕਰ ਲਏ । ਇਸ ਤਰ੍ਹਾਂ ਖੇਰੂ-ਖੇਰੂ ਹੋ ਜਾਣ ਦਾ ਭਾਰੀ ਖ਼ਤਰਾ ਹੈ । ਕਿਸੇ ਇੱਕ ਜੱਥੇ ਵੱਲੋਂ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ-ਹੋਈ ਬਾਣੀ ਦੇ ਵਿਰੁੱਧ ਖਰ੍ਹਵੀ ਕਲਮ ਚੁੱਕਣੀ ਭੀ ਬਹੁਤ ਹਾਨੀਕਾਰਕ ਕੰਮ ਹੈ ।

????????????????????

ਜੈਸੇ ਤਉ ਸਫਲ ਬਨ ਬਿਖੈ, ਬਿਰਖਾ ਬਿਬਿਧਿ, ਜਾ ਕਉ ਫਲ ਮੀਠੇ, ਖਗੁ ਤਾ ਪਹਿ ਚਲਿ ਜਾਤ ਹੈ ॥ ਜੈਸੇ ਪਰਬਤ ਬਿਖੈ, ਦੇਖੀਅਹਿ ਪਾਖਾਨ ਬਹੁ, ਜਾ ਮਹਿ ਹੀਰਾ ਖੋਜ, ਤਾਹਿ ਖੋਜੀ ਲਲਚਾਤ ਹੈ ॥ ਜੈਸੇ ਤਉ ਜਲਧਿ ਮਧਿ, ਬਸਤ ਅਨੰਤ ਜੰਤ, ਮੁਕਤਾ ਅਮੋਲ ਜਾ ਮਹਿ, ਹੰਸੁ ਖੋਜਿ ਖਾਤ ਹੈ ॥ ਤੈਸੇ ਗੁਰ ਚਰਨ ਸਰਨ ਹਰਿ ਅਸੰਖ ਸਿੱਖ, ਜਾ ਮਹਿ ਗੁਰ-ਗਿਆਨ, ਤਾਹਿ ਲੋਕੁ ਲਪਟਾਤ ਹੈ ॥੩੬੬॥ {ਭਾਈ ਗੁਰਦਾਸ ਜੀ

ਪਦ ਅਰਥ :—ਸਫਲ ਬਨ ਬਿਖੈ—ਫਲਾਂ ਵਾਲੇ (ਰੁੱਖਾਂ ਦੇ) ਜੰਗਲ ਵਿਚ । ਬਿਬਿਧਿ—ਕਈ ਕਿਸਮਾਂ ਦੇ । ਖਗੁ—ਪੰਛੀ । ਪਹਿ—ਪਾਸ, ਕੋਲ, ਉਤੇ ।

ਬਿਖੈ—ਵਿਚ । ਦੇਖੀਅਹਿ—ਵੇਖੇ ਜਾਂਦੇ ਹਨ । ਪਾਖਾਨ—ਪੱਥਰ । ਖੋਜ—ਭਾਲ । ਲਲਚਾਤ ਹੈ—ਲਾਲਚ ਕਰਦਾ ਹੈ ।

ਜਲਧਿ—ਸਮੁੰਦਰ । ਮਧਿ—ਵਿਚ । ਬਸਤ—ਵੱਸਦੇ ਹਨ । ਮੁਕਤਾ—ਮੋਤੀ । ਖੋਜਿ—ਖੋਜ ਕੇ, ਲੱਭ ਕੇ ।

ਅਸੰਖ—ਅਣਗਿਣਤ । ਜਾ ਮਹਿ—ਜਿਸ ਦੇ ਅੰਦਰ, ਜਿਸ ਦੇ ਹਿਰਦੇ ਵਿਚ । ਲੋਕੁ—ਜਗਤ । ਲਪਟਾਤ ਹੈ—ਚਰਨੀਂ ਲੱਗਦਾ ਹੈ ।

???????????

ਅਤੇ

???????????????

ਇਸ ਲੇਖ ਵਿਚ ਅਸਾਂ ਇਹ ਵੇਖਣਾ ਹੈ ਕਿ ਕਬੀਰ ਜੀ ਦੀ ਬਾਣੀ ਗੁਰੂ ਨਾਨਕ ਸਾਹਿਬ ਨੇ ਆਪ ਹੀ ਲਿਆਂਦੀ ਸੀ, ਗੁਰੂ ਅਰਜਨ ਸਾਹਿਬ ਨੇ ਇਕੱਠੀ ਨਹੀਂ ਕੀਤੀ ।

(੧) ਜੀਵਾਤਮਾ ਤੇ ਪਰਮਾਤਮਾ ਦੇ ਮਿਲਾਪ ਨੂੰ ਵਿਆਹ ਦੇ ਦ੍ਰਿਸ਼ਟਾਂਤ ਦੀ ਰਾਹੀਂ ਕਬੀਰ ਜੀ ਆਸਾ ਰਾਗ ਦੇ ਇਕ ਸ਼ਬਦ ਵਿਚ ਇਉਂ ਬਿਆਨ ਕਰਦੇ ਹਨ :—

ਤਨੁ ਰੈਨੀ ਮਨੁ ਪੁਨ ਰਪਿ ਕਰਿ ਹਉ, ਪਾਚਉ ਤਤ ਬਰਾਤੀ ॥ ਰਾਮ ਰਾਇ ਸਿਉ ਭਾਵਰਿ ਲੈ ਹਉ, ਆਤਮ ਤਿਹ ਰੰਗਿ ਰਾਤੀ ॥੧॥ ਗਾਉ ਗਾਉ ਰੀ ਦੁਲਹਨੀ ਮੰਗਲਚਾਰਾ ॥ ਮੇਰੇ ਗ੍ਰਿਹ ਆਏ ਰਾਜਾ ਰਾਮ ਭਤਾਰਾ ॥੧॥ ਰਹਾਉ ॥ ਨਾਭਿ ਕਮਲ ਮਹਿ ਬੇਦੀ ਰਚਿ ਲੇ, ਬ੍ਰਹਮ ਗਿਆਨ ਉਚਾਰਾ ॥ ਰਾਮ ਰਾਇ ਸੋ ਦੂਲਹੁ ਪਾਇਓ, ਅਸ ਬਡ ਭਾਗ ਹਮਾਰਾ ॥੨॥ ਸੁਰਿ ਨਰ ਮੁਨਿ ਜਨ ਕਉਤਕ ਆਏ, ਕੋਟਿ ਤੇਤੀਸ ਉਜਾਨਾਂ ॥ ਕਹਿ ਕਬੀਰ ਮੋਹਿ ਬਿਆਹਿ ਚਲੇ ਹੈ, ਪੁਰਖ ਏਕ ਭਗਵਾਨਾ ॥੩॥੨॥੨੪॥ {ਪੰਨਾ ੪੮੨}

ਇਸ ਸ਼ਬਦ ਵਿਚ ਤੁਕ 'ਬ੍ਰਹਮ ਗਿਆਨ ਉਚਾਰਾ' ਅਤੇ 'ਅਸ ਬਡ ਭਾਗ ਹਮਾਰਾ' ਦੀ ਰਾਹੀਂ ਕਬੀਰ ਜੀ ਨੇ ਸਿਰਫ਼ ਇਸ਼ਾਰੇ-ਮਾਤ੍ਰ ਹੀ ਇਹ ਗੱਲ ਦੱਸੀ ਹੈ ਕਿ ਇਹ ਮਿਲਾਪ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਮਿਹਰ ਨਾਲ ਹੋਇਆ ਹੈ । ਤੁਕ 'ਪਾਚਉ ਤਤ ਬਰਾਤੀ' ਵਿਚ ਸਿਰਫ਼ ਰਮਜ਼ ਹੀ ਦਿੱਤੀ ਹੈ ਕਿ ਇਸ ਵਿਆਹ-ਕਾਜ ਲਈ ਸਤੁ, ਸੰਤੋਖ, ਦਇਆ, ਧਰਮ ਆਦਿਕ ਦੀ ਲੋੜ ਪੈਂਦੀ ਹੈ । ਸਤਿਗੁਰੂ ਨਾਨਕ ਦੇਵ ਜੀ ਨੇ ਇਹ ਇਸ਼ਾਰੇ-ਮਾਤ੍ਰ ਦੱਸੀਆਂ ਗੱਲਾਂ ਖੋਲ੍ਹ ਕੇ ਇਸੇ ਹੀ ਰਾਗ ਦੇ ਇਕ ਸ਼ਬਦ ਵਿਚ ਇਉਂ ਲਿਖੀਆਂ ਹਨ :—

ਦੋਹਾਂ ਸ਼ਬਦਾਂ ਦੀਆਂ 'ਰਹਾਉ' ਦੀਆਂ ਤੁਕਾਂ । ਪੜ੍ਹ ਕੇ ਵੇਖੋ—

ਆਸਾ ਮਹਲਾ ੧ ॥ ਕਰਿ ਕਿਰਪਾ ਅਪਨੈ ਘਰਿ ਆਇਆ ਤਾ ਮਿਲਿ ਸਖੀਆ ਕਾਜੁ ਰਚਾਇਆ ॥ ਖੇਲੁ ਦੇਖਿ ਮਨਿ ਅਨਦੁ ਭਇਆ ਸਹੁ ਵੀਆਹਣ ਆਇਆ ॥੧॥ ਗਾਵਹੁ ਗਾਵਹੁ ਕਾਮਣੀ ਬਿਬੇਕ ਬੀਚਾਰੁ ॥ ਹਮਰੈ ਘਰਿ ਆਇਆ ਜਗਜੀਵਨੁ ਭਤਾਰੁ ॥੧॥ ਰਹਾਉ ॥ ਗੁਰੂ ਦੁਆਰੈ ਹਮਰਾ ਵੀਆਹੁ ਜਿ ਹੋਆ ਜਾਂ ਸਹੁ ਮਿਲਿਆ ਤਾਂ ਜਾਨਿਆ ॥ ਤਿਹੁ ਲੋਕਾ ਮਹਿ ਸਬਦੁ ਰਵਿਆ ਹੈ ਆਪੁ ਗਇਆ ਮਨੁ ਮਾਨਿਆ ॥੨॥ ਆਪਣਾ ਕਾਰਜੁ ਆਪਿ ਸਵਾਰੇ ਹੋਰਨਿ ਕਾਰਜੁ ਨ ਹੋਈ ॥ ਜਿਤੁ ਕਾਰਜਿ ਸਤੁ ਸੰਤੋਖੁ ਦਇਆ ਧਰਮੁ ਹੈ ਗੁਰਮੁਖਿ ਬੂਝੈ ਕੋਈ ॥੩॥ ਭਨਤਿ ਨਾਨਕੁ ਸਭਨਾ ਕਾ ਪਿਰੁ ਏਕੋ ਸੋਇ ॥ ਜਿਸ ਨੋ ਨਦਰਿ ਕਰੇ ਸਾ ਸੋਹਾਗਣਿ ਹੋਇ ॥੪॥੧੦॥ {ਪੰਨਾ ੩੫੧}

ਗਾਉ ਗਾਉ ਰੀ ਦੁਲਹਨੀ ਮੰਗਲਚਾਰਾ ॥
ਮੇਰੇ ਗ੍ਰਿਹ ਆਏ ਰਾਜਾ ਰਾਮ ਭਤਾਰਾ ॥—ਕਬੀਰ ਜੀ

ਗਾਵਹੁ ਗਾਵਹੁ ਕਾਮਣੀ ਬਿਬੇਕ ਬੀਚਾਰੁ ॥
ਹਮਰੈ ਘਰਿ ਆਇਆ ਜਗ ਜੀਵਨੁ ਭਤਾਰੁ ॥—ਗੁਰੂ ਨਾਨਕ ਦੇਵ ਜੀ

ਸਾਫ਼ ਦਿੱਸਦਾ ਹੈ ਕਿ ਇਹ ਸ਼ਬਦ ਉਚਾਰਨ ਵੇਲੇ ਗੁਰੂ ਨਾਨਕ ਦੇਵ ਜੀ ਦੇ ਸਾਹਮਣੇ ਭਗਤ ਕਬੀਰ ਜੀ ਦਾ ਸ਼ਬਦ ਮੌਜੂਦ ਸੀ, ਤੇ ਜੋ ਜੋ ਰੱਬੀ ਰਾਹ ਦੀਆਂ ਗੱਲਾਂ ਕਬੀਰ ਜੀ ਨੇ ਇਸ਼ਾਰੇ ਨਾਲ ਆਖੀਆਂ ਹਨ, ਸਤਿਗੁਰੂ ਜੀ ਨੇ ਵਿਸਥਾਰ ਨਾਲ ਦੱਸ ਦਿੱਤੀਆਂ ਹਨ । ਦੋਵੇਂ ਸ਼ਬਦ ਇਕੋ ਹੀ ਰਾਗ ਵਿਚ ਹਨ । ਯਕੀਨ ਨਾਲ ਇਹ ਕਿਹਾ ਜਾ ਸਕਦਾ ਹੈ ਕਿ ਸਤਿਗੁਰੂ ਜੀ ਭਗਤ ਜੀ ਦੇ ਸ਼ਬਦ ਨੂੰ ਆਪਣੀ ਬਾਣੀ ਦੇ ਨਾਲ ਸਾਂਭ ਕੇ ਰੱਖਣਾ ਚਾਹੁੰਦੇ ਸਨ ।

(੨) ਭੈਰਉ ਰਾਗ ਵਿਚ ਕਬੀਰ ਜੀ ਦਾ ਇਕ ਸ਼ਬਦ ਹੈ :—

ਸੋ ਮੁਲਾਂ ਜੋ ਮਨ ਸਿਉ ਲਰੈ ॥ ਗੁਰ ਉਪਦੇਸਿ ਕਾਲ ਸਿਉ ਜੁਰੈ ॥ ਕਾਲਪੁਰਖ ਕਾ ਮਰਦੈ ਮਾਨੁ ॥ ਤਿਸੁ ਮੁਲਾ ਕਉ ਸਦਾ ਸਲਾਮੁ ॥੧॥ ਹੈ ਹਜੂਰਿ ਕਤ ਦੂਰਿ ਬਤਾਵਹੁ ॥ ਦੁੰਦਰ ਬਾਧਹੁ ਸੁੰਦਰ ਪਾਵਹੁ ॥੧॥ਰਹਾਉ॥ ਕਾਜੀ ਸੋ ਜੁ ਕਾਇਆ ਬੀਚਾਰੈ ॥ ਕਾਇਆ ਕੀ ਅਗਨਿ ਬ੍ਰਹਮੁ ਪਰਜਾਰੈ ॥ ਸੁਪਨੈ ਬਿੰਦੁ ਨ ਦੇਈ ਝਰਨਾ ॥ ਤਿਸੁ ਕਾਜੀ ਕਉ ਜਰਾ ਨ ਮਰਨਾ ॥੨॥ ਸੋ ਸੁਰਤਾਨੁ ਜੁ ਦੁਇ ਸਰ ਤਾਨੈ ॥ ਬਾਹਰਿ ਜਾਤਾ ਭਤਿਰਿ ਆਨੈ ॥ ਗਗਨ ਮੰਡਲ ਮਹਿ ਲਸਕਰੁ ਕਰੈ ॥ ਸੋ ਸੁਲਤਾਨੁ ਛਤ੍ਰ ਸਿਰਿ ਧਰੈ ॥੩॥ ਜੋਗੀ ਗੋਰਖੁ ਗੋਰਖੁ ਕਰੈ ॥ ਹਿੰਦੂ ਰਾਮ ਨਾਮੁ ਉਚਰੈ ॥ ਮੁਸਲਮਾਨ ਕਾ ਏਕੁ ਖੁਦਾਇ ॥ ਕਬੀਰ ਕਾ ਸੁਆਮੀ ਰਹਿਆ ਸਮਾਇ ॥੪॥੩॥੧੧॥ {ਪੰਨਾ ੧੧੫੯}

ਇਸ ਸ਼ਬਦ ਦੇ 'ਬੰਦ' ਨੰ: ੨ ਦੀਆਂ ਤੁਕਾਂ ਨੂੰ ਸਾਹਮਣੇ ਰੱਖ ਕੇ ਗੁਰੂ ਨਾਨਕ ਦੇਵ ਜੀ ਦਾ ਹੇਠ-ਲਿਖਿਆ ਸ਼ਲੋਕ ਨੰ: ੫ ਪੜ੍ਹੋ, ਜੋ ਰਾਗੁ ਰਾਮਕਲੀ ਕੀ ਵਾਰ ਮ: ੩ ਵਿਚ ਪਉੜੀ ਨੰ: ੧੨ ਦੇ ਨਾਲ ਦਰਜ ਹੈ :—

ਮ: ੧ ॥ ਸੋ ਪਾਖੰਡੀ ਜਿ ਕਾਇਆ ਪਖਾਲੇ ॥ ਕਾਇਆ ਕੀ ਅਗਨਿ ਬ੍ਰਹਮੁ ਪਰਜਾਲੇ ॥ ਸੁਪਨੇ ਬਿੰਦੁ ਨ ਦੇਈ ਝਰਣਾ ॥ ਤਿਸੁ ਪਾਖੰਡੀ ਜਰਾ ਨ ਮਰਣਾ ॥ ਬੋਲੈ ਚਰਪਟੁ ਸਤਿ ਸਰੂਪੁ ॥ ਪਰਮ ਤੰਤ ਮਹਿ ਰੇਖ ਨ ਰੂਪੁ ॥੫॥ {ਪੰਨਾ ੯੫੨}

ਇਕ ਤਾਂ, ਤੁਕਾਂ ਹੀ ਸਾਂਝੀਆਂ ਹਨ :—

(੧) 'ਕਾਇਆ ਕੀ ਅਗਨਿ ਬ੍ਰਹਮੁ ਪਰਜਾਰੈ'—ਕਬੀਰ ਜੀ
. . 'ਕਾਇਆ ਕੀ ਅਗਨਿ ਬ੍ਰਹਮੁ ਪਰਜਾਲੇ'—ਗੁਰੂ ਨਾਨਕ ਦੇਵ ਜੀ

(੨) 'ਸੁਪਨੈ ਬਿੰਦੁ ਨ ਦੇਈ ਝਰਨਾ'—ਕਬੀਰ ਜੀ

ਦੂਜੇ, 'ਪਾਖੰਡੀ' ਆਦਿਕ ਲਫ਼ਜ਼ਾਂ ਦਾ ਅਰਥ ਕਰਨ ਵਿਚ ਉਹੀ ਤਰੀਕਾ ਵਰਤਿਆ ਹੈ ਜੋ ਕਬੀਰ ਜੀ ਨੇ ਲਫ਼ਜ਼ 'ਮੁੱਲਾਂ' ਆਦਿਕ ਲਈ ।

ਲਫ਼ਜ਼ 'ਮੁਲਾਂ' ਦੇ ਦੋਵੇਂ ਅੱਖਰ 'ਮ' ਅਤੇ 'ਲ' ਲੈ ਕੇ ਲਫ਼ਜ਼ 'ਮਨ' ਅਤੇ 'ਲਰੈ' ਵਰਤੇ ਹਨ :—

'ਸੋ ਮੁਲਾਂ ਜੋ ਮਨ ਸਿਉ ਲਰੈ ॥'

ਇਸੇ ਤਰ੍ਹਾਂ ਸਤਿਗੁਰੂ ਨਾਨਕ ਦੇਵ ਜੀ ਲਫ਼ਜ਼ 'ਪਾਖੰਡੀ' ਦੇ ਅੱਖਰ 'ਪ' ਅਤੇ 'ਖ' ਲੈ ਕੇ ਲਫ਼ਜ਼ 'ਪਖਾਲੇ' ਵਰਤੇ ਹਨ :—

'ਸੋ ਪਾਖੰਡੀ ਜਿ ਕਾਇਆ ਪਖਾਲੇ ॥'

ਇਸ ਵਿਚ ਕੋਈ ਸ਼ੱਕ ਨਹੀਂ ਰਹਿ ਜਾਂਦਾ ਕਿ ਇਹ ਸ਼ਲੋਕ ਉਚਾਰਨ ਤੋਂ ਪਹਿਲਾਂ ਗੁਰੂ ਨਾਨਕ ਦੇਵ ਜੀ ਕਬੀਰ ਜੀ ਦਾ ਇਹ ਸ਼ਬਦ ਗਹੁ ਨਾਲ ਪੜ੍ਹ ਚੁਕੇ ਹੋਏ ਸਨ । ਇਹ ਇਕ ਕੁਦਰਤੀ ਨਿਯਮ ਹੈ ਕਿ ਜੇ ਤੁਸੀ ਕਿਸੇ ਕਵੀ ਜਾਂ ਲਿਖਾਰੀ ਦੀ ਕੋਈ ਕਵਿਤਾ ਜਾਂ ਲੇਖ ਪਿਆਰ ਨਾਲ ਮੁੜ ਮੁੜ ਪੜ੍ਹਦੇ ਰਹੋ, ਤਾਂ ਉਸ ਦੇ ਬਹੁਤ ਸਾਰੇ ਲਫ਼ਜ਼ ਤੁਹਾਡੀ ਆਪਣੀ ਰੋਜ਼ਾਨਾ 'ਬੋਲੀ' ਵਿਚ ਸ਼ਾਮਲ ਹੋ ਜਾਣਗੇ । ਜੇ ਤੁਸੀ ਆਪ ਭੀ ਕਵੀ ਜਾਂ ਲਿਖਾਰੀ ਹੋ, ਤਾਂ ਉਹਨਾਂ ਲਫ਼ਜ਼ਾਂ ਤੋਂ ਇਲਾਵਾ ਉਸ ਕਵੀ ਜਾਂ ਲਿਖਾਰੀ ਦੇ ਲਿਖਣ ਦਾ ਢੰਗ ਭੀ ਕਈ ਥਾਈਂ ਸਹਿਜ-ਸੁਭਾਇ ਤੁਹਾਡੀ ਆਪਣੀ ਲਿਖਤ ਵਿਚ ਪਰਗਟ ਹੋ ਜਾਇਗਾ ।

ਜਦੋਂ ਕਬੀਰ ਜੀ ਅਤੇ ਗੁਰੂ ਨਾਨਕ ਸਾਹਿਬ ਦੀ ਬਾਣੀ ਨੂੰ ਟਾਕਰਾ ਕਰ ਕੇ ਵੇਖਿਆਂ ਕਈ ਥਾਈਂ, ਲਫ਼ਜ਼ਾਂ, ਖ਼ਿਆਲਾਂ ਜਾਂ ਲਿਖਣ ਦੇ ਤਰੀਕੇ ਦੀ ਪਰਸਪਰ ਡੂੰਘੀ ਸਾਂਝ ਮਿਲੇ ਤਾਂ ਇਸ ਤੋਂ ਸਿਰਫ਼ ਇਹੀ ਨਤੀਜਾ ਕੱਢ ਸਕੀਦਾ ਹੈ ਕਿ ਕਬੀਰ ਜੀ ਦੇ ਉਹ ਉਹ ਲਫ਼ਜ਼, ਉਹ ਉਹ ਖ਼ਿਆਲ ਤੇ ਖ਼ਿਆਲਾਂ ਨੂੰ ਪਰਗਟ ਕਰਨ ਦੇ ਤਰੀਕੇ ਸਤਿਗੁਰੂ ਜੀ ਨੂੰ ਖ਼ਾਸ ਤੌਰ ਤੇ ਪਿਆਰੇ ਲੱਗੇ ਸਨ ।

(੩) ਆਸਾ ਰਾਗ ਵਿਚ ਕਬੀਰ ਜੀ ਲਿਖਦੇ ਹਨ :—

"ਕੀਓ ਸਿੰਗਾਰੁ ਮਿਲਨ ਕੇ ਤਾਈ ॥ ਹਰਿ ਨ ਮਿਲੇ ਜਗਜੀਵਨੁ ਗੁਸਾਈ ॥੧॥ ਹਰਿ ਮੇਰੋ ਪਿਰੁ ਹਉ ਹਰਿ ਕੀ ਬਹੁਰੀਆ ॥ ਰਾਮ ਬਡੇ ਮੈ ਤਨਕ ਲਹੁਰੀਆ ॥੧॥ਰਹਾਉ॥ ਧਨ ਪਿਰ ਏਕੈ ਸੰਗਿ ਬਸੇਰਾ ॥ ਸੇਜ ਏਕ ਪੈ ਮਿਲਨੁ ਦੁਹੇਰਾ ॥੨॥ ਧੰਨਿ ਸੁਹਾਗਨਿ ਜੋ ਪੀਅ ਭਾਵੈ ॥ ਕਹਿ ਕਬੀਰ ਫਿਰਿ ਜਨਮਿ ਨ ਆਵੈ ॥੩॥੮॥੩੦॥ {ਪੰਨਾ ੪੮੩}

ਇਸ ਸ਼ਬਦ ਵਿਚ ਕਬੀਰ ਜੀ ਨੇ ਕਈ ਗੱਲਾਂ ਇਸ਼ਾਰੇ-ਮਾਤ੍ਰ ਹੀ ਦੱਸੀਆਂ ਹਨ—

੧. 'ਮੈ ਤਨਕ ਲਹੁਰੀਆ' ਵਿਚ ਸਿਰਫ਼ ਇਸ਼ਾਰਾ ਹੀ ਕੀਤਾ ਹੈ । ਪਰ ਉਹ ਅੰਞਾਣ-ਪੁਣਾ ਕਿਹੜਾ ਹੈ, ਉਹ ਵਿਸਥਾਰ ਨਾਲ ਨਹੀਂ ਦੱਸਿਆ ।

੨. 'ਮਿਲਨੁ ਦੁਹੇਰਾ' ਕਿਉਂ ਹੈ?—ਇਹ ਗੱਲ ਲਫ਼ਜ਼ 'ਤਨਕ ਲਹੁਰੀਆ' ਵਿਚ ਹੀ ਗੁਪਤ ਰੱਖੀ ਹੈ ।

੩. 'ਪੀਅ ਭਾਵੈ'—ਪਰ ਕਿਵੇਂ ਪਤੀ ਨੂੰ ਭਾਵੇ? ਇਹ ਖ਼ਿਆਲ ਭੀ ਖੋਹਲਿਆ ਨਹੀਂ ਹੈ ।

ਇਹ ਸਾਰੀਆਂ ਗੂੜ੍ਹ ਗੱਲਾਂ ਸਮਝਣ ਲਈ ਗੁਰੂ ਨਾਨਕ ਸਾਹਿਬ ਦੇ ਆਸਾ ਰਾਗ ਵਿਚ ਹੀ ਦਿੱਤੇ ਹੋਏ ਹੇਠ-ਲਿਖੇ ਦੋ ਸ਼ਬਦ ਗਹੁ ਨਾਲ ਪੜ੍ਹੋ—

ਏਕ ਨ ਭਰੀਆ ਗੁਣ ਕਰਿ ਧੋਵਾ ॥ ਮੇਰਾ ਸਹੁ ਜਾਗੈ ਹਉ ਨਿਸ ਭਰਿ ਸੋਵਾ ॥੧॥ ਇਉ ਕਿਉ ਕੰਤ ਪਿਆਰੀ ਹੋਵਾ ॥ ਸਹੁ ਜਾਗੈ ਹਉ ਨਿਸ ਭਰਿ ਸੋਵਾ ॥੧॥ਰਹਾਉ॥ ਆਸ ਪਿਆਸੀ ਸੇਜੈ ਆਵਾ ॥ ਆਗੈ ਸਹ ਭਾਵਾ ਕਿ ਨ ਭਾਵਾ ॥ ਕਿਆ ਜਾਨਾ ਕਿਆ ਹੋਇਗਾ ਰੀ ਮਾਈ ॥ ਹਰਿ ਦਰਸਨ ਬਿਨੁ ਰਹਨੁ ਨ ਜਾਈ ॥੧॥ਰਹਾਉ॥ ਪ੍ਰੇਮੁ ਨ ਚਾਖਿਆ ਮੇਰੀ ਤਿਸ ਨ ਬੁਝਾਨੀ ॥ ਗਇਆ ਸੁ ਜੋਬਨੁ ਧਨ ਪਛੁਤਾਨੀ ॥੩॥ ਅਜੈ ਸੁ ਜਾਗਉ ਆਸ ਪਿਆਸੀ ॥ ਭਈਲੇ ਉਦਾਸੀ ਰਹਉ ਨਿਰਾਸੀ ॥੧॥ਰਹਾਉ॥ ਹਉਮੈ ਖੋਇ ਕਰੇ ਸੀਗਾਰੁ ॥ ਤਉ ਕਾਮਣਿ ਸੇਜੈ ਰਵੈ ਭਤਾਰੁ ॥੪॥ ਤਉ ਨਾਨਕ ਕੰਤੈ ਮਨਿ ਭਾਵੈ ॥ ਛੋਡਿ ਵਡਾਈ ਅਪਣੇ ਖਸਮਿ ਸਮਾਵੈ ॥੧॥ਰਹਾਉ॥੨੬॥ {ਪੰਨਾ ੩੫੬}

ਆਸਾ ਮਹਲਾ ੧ ॥ ਪੇਵਕੜੈ ਧਨ ਖਰੀ ਇਆਣੀ ॥ ਤਿਸੁ ਸਹ ਕੀ ਮੈ ਸਾਰ ਨ ਜਾਣੀ ॥੧॥ ਸਹੁ ਮੇਰਾ ਏਕੁ ਦੂਜਾ ਨਹੀ ਕੋਈ ॥ ਨਦਰਿ ਕਰੇ ਮੇਲਾਵਾ ਹੋਈ ॥੧॥ਰਹਾਉ॥ ਸਾਹੁਰੜੈ ਧਨ ਸਾਚੁ ਪਛਾਣਿਆ ॥ ਸਹਜਿ ਸੁਭਾਇ ਅਪਣਾ ਪਿਰੁ ਜਾਣਿਆ ॥੨॥ ਗੁਰ ਪਰਸਾਦੀ ਐਸੀ ਮਤਿ ਆਵੈ ॥ ਤਾਂ ਕਾਮਣਿ ਕੰਤੈ ਮਨਿ ਭਾਵੈ ॥੩॥ ਕਹਤੁ ਨਾਨਕੁ ਭੈ ਭਾਵ ਕਾ ਕਰੇ ਸੀਗਾਰੁ ॥ ਸਦ ਹੀ ਸੇਜੈ ਰਵੈ ਭਤਾਰੁ ॥੪॥੨੭॥ {ਪੰਨਾ ੩੫੭}

ਇਹਨਾਂ ਤਿੰਨਾਂ ਹੀ ਸ਼ਬਦਾਂ ਨੂੰ ਇਕੱਠਿਆਂ ਦੋ ਚਾਰ ਵਾਰੀ ਗਹੁ ਨਾਲ ਪੜ੍ਹੋ । ਕਿਤਨੇ ਹੀ ਸਾਂਝੇ ਲਫ਼ਜ਼ ਹਨ, ਕਿਆ ਸੁੰਦਰ ਮਿਲਵੇਂ ਖ਼ਿਆਲ ਹਨ । ਜਿਹੜੀਆਂ ਗੱਲਾਂ ਕਬੀਰ ਜੀ ਨੇ ਇੱਕ ਲਫ਼ਜ਼ 'ਲਹੁਰੀਆ' ਵਿਚ ਗੁਪਤ ਰੱਖ ਦਿੱਤੀਆਂ ਹਨ, ਉਹ ਗੁਰੂ ਨਾਨਕ ਦੇਵ ਜੀ ਨੇ ਇਹਨਾਂ ਦੋ ਸ਼ਬਦਾਂ ਵਿਚ ਸਮਝਾ ਦਿੱਤੀਆਂ ਹਨ । ਜੇ ਪਾਠਕ ਸੱਜਣ ਨਿਰੋਲ ਇਹਨਾਂ ਤਿੰਨਾਂ ਸ਼ਬਦਾਂ ਵਿਚ ਆਪਣੀ ਸੁਰਤ ਨੂੰ ਜੋੜਨਗੇ, ਤੇ ਹੋਰ ਸੁਣੀਆਂ ਸਾਖੀਆਂ ਦੇ ਆਸਰੇ ਬਣੇ ਹੋਏ ਖ਼ਿਆਲਾਂ ਨੂੰ ਐਸ ਵੇਲੇ ਨੇੜੇ ਨਹੀਂ ਢੁਕਣ ਦੇਣਗੇ, ਤਾਂ ਉਹਨਾਂ ਨੂੰ ਇੱਕ ਗੱਲ ਸਾਫ਼ ਹੋ ਜਾਇਗੀ ਕਿ ਗੁਰੂ ਨਾਨਕ ਦੇਵ ਜੀ ਨੇ ਜਦੋਂ ਇਹ ਦੋਵੇਂ ਸ਼ਬਦ ਉਚਾਰੇ ਅਤੇ ਲਿਖੇ ਸਨ, ਉਸ ਵੇਲੇ ਭਗਤ ਕਬੀਰ ਜੀ ਦਾ ਇਹ ਸ਼ਬਦ ਉਹਨਾਂ ਦੇ ਖ਼ਿਆਲਾਂ ਵਿਚ ਮੌਜੂਦ ਸੀ ।

(੪) ਆਸਾ ਰਾਗ ਦੇ ਇਕ ਸ਼ਬਦ ਵਿਚ ਕਬੀਰ ਜੀ ਲਿਖਦੇ ਹਨ—

ਸਾਸੁ ਕੀ ਦੁਖੀ ਸਸੁਰ ਕੀ ਪਿਆਰੀ, ਜੇਠ ਕੈ ਨਾਮਿ ਡਰਉ ਰੇ ॥ ਸਖੀ ਸਹੇਲੀ ਨਨਦ ਗਹੇਲੀ, ਦੇਵਰ ਕੈ ਬਿਰਹਿ ਜਰਉ ਰੇ ॥੧॥ ਮੇਰੀ ਮਤਿ ਬਉਰੀ ਮੈ ਰਾਮੁ ਬਿਸਾਰਿਓ ਕਿਨ ਬਿਧਿ ਰਹਨਿ ਰਹਉ ਰੇ ॥ ਸੇਜੈ ਰਮਤੁ ਨੈਨ ਨਹੀ ਪੇਖਉ, ਇਹੁ ਦੁਖੁ ਕਾ ਸਉ ਕਹਉ ਰੇ ॥੧॥ ਰਹਾਉ ॥ ਬਾਪੁ ਸਾਵਕਾ ਕਰੈ ਲਰਾਈ, ਮਾਇਆ ਸਦ ਮਤਵਾਰੀ ॥ ਬਡੇ ਭਾਈ ਕੈ ਜਬ ਸੰਗਿ ਹੋਤੀ, ਤਬ ਹਉ ਨਾਹ ਪਿਆਰੀ ॥੨॥ ਕਹਤ ਕਬੀਰ ਪੰਚ ਕੋ ਝਗਰਾ, ਝਗਰਤ ਜਨਮੁ ਗਵਾਇਆ ॥

ਝੂਠੀ ਮਾਇਆ ਸਭੁ ਜਗੁ ਬਾਧਿਆ, ਮੈ ਰਾਮ ਰਮਤ ਸੁਖੁ ਪਾਇਆ ॥੩॥੩॥੨੫॥ {ਪੰਨਾ ੪੮੨}

ਕਵਿਤਾ ਦੇ ਦ੍ਰਿਸ਼ਟੀ-ਕੋਣ ਅਤੇ ਖ਼ਿਆਲਾਂ ਦੀ ਉਡਾਰੀ ਵਾਲੇ ਪਾਸੇ ਤੋਂ ਇਹ ਸ਼ਬਦ, ਗਹੁ ਨਾਲ ਪੜ੍ਹਨ ਵਾਲੇ ਦੇ ਦਿਲ ਨੂੰ ਇਕ ਡੂੰਘੀ ਧ੍ਰੂਹ ਪਾਂਦਾ ਹੈ। ਮਾਇਆ-ਵੇੜ੍ਹੀ ਜਿੰਦ ਦੀ ਇਹ ਇਕ ਬੜੀ ਦਰਦਨਾਕ ਕਹਾਣੀ ਹੈ। ਦਰਦਾਂ ਦੇ ਮਹਿਰਮ ਸਤਿਗੁਰੂ ਨਾਨਕ ਦੇਵ ਜੀ ਦੀਆਂ ਅੱਖਾਂ ਤੋਂ ਇਹ ਸ਼ਬਦ ਭਲਾ ਕਿਵੇਂ ਖੁੰਝ ਸਕਦਾ ਸੀ? ਸਾਰੀ ਦਰਦ-ਭਰੀ ਕਹਾਣੀ ਦੇ ਅਖ਼ੀਰ ਤੇ ਅੱਪੜ ਕੇ ਹੀ ਅੱਧੀ ਤੁਕ ਵਿਚ 'ਸੁਖੁ' ਦਾ ਸਾਹ ਆਉਂਦਾ ਹੈ। ਇਤਨੀ ਵੱਡੀ ਦਰਦ-ਕਹਾਣੀ ਦਾ ਇਲਾਜ ਕਬੀਰ ਜੀ ਨੇ ਤਾਂ ਇਕ ਰਮਜ਼ ਜਿਹੀ ਵਿਚ ਹੀ ਦੱਸ ਕੇ ਬੱਸ ਕਰ ਦਿੱਤਾ। ਪਰ ਸਤਿਗੁਰੂ ਨਾਨਕ ਦੇਵ ਜੀ ਨੇ ਉਸ ਇਲਾਜ ਨੂੰ ਪਰਹੇਜ਼ ਸਮੇਤ ਵਿਸਥਾਰ ਨਾਲ ਇਉਂ ਬਿਆਨ ਕੀਤਾ ਹੈ :—

ਆਸਾ ਮਹਲਾ ੧ ॥ ਕਾਚੀ ਗਾਗਰਿ ਦੇਹ ਦੁਹੇਲੀ, ਉਪਜੈ ਬਿਨਸੈ ਦੁਖੁ ਪਾਈ ॥ ਇਹੁ ਜਗੁ ਸਾਗਰੁ ਦੁਤਰੁ ਕਿਉ ਤਰੀਐ, ਬਿਨੁ ਹਰਿ ਗੁਰ ਪਾਰਿ ਨ ਪਾਈ ॥੧॥ ਤੁਝ ਬਿਨੁ ਅਵਰੁ ਨ ਕੋਈ ਮੇਰੇ ਪਿਆਰੇ, ਤੁਝ ਬਿਨੁ ਅਵਰੁ ਨ ਕੋਇ ਹਰੇ ॥ ਸਰਬੀ ਰੰਗੀ ਰੂਪੀ ਤੂੰ ਹੈ, ਤਿਸੁ ਬਖਸੇ ਜਿਸੁ ਨਦਰਿ ਕਰੇ ॥੧॥ ਰਹਾਉ ॥ ਸਾਸੁ ਬੁਰੀ ਘਰਿ ਵਾਸੁ ਨ ਦੇਵੈ, ਪਿਰ ਸਿਉ ਮਿਲਣ ਨ ਦੇਇ ਬੁਰੀ ॥ ਸਖੀ ਸਾਜਨੀ ਕੇ ਹਉ ਚਰਨ ਸਰੇਵਉ, ਹਰਿ ਗੁਰ ਕਿਰਪਾ ਤੇ ਨਦਰਿ ਧਰੀ ॥੨॥ ਆਪੁ ਬੀਚਾਰਿ ਮਾਰਿ ਮਨੁ ਦੇਖਿਆ, ਤੁਮ ਸਾ ਮੀਤੁ ਨ ਅਵਰੁ ਕੋਈ ॥ ਜਿਉ ਤੂੰ ਰਾਖਹਿ ਤਿਵ ਹੀ ਰਹਣਾ, ਦੁਖੁ ਸੁਖੁ ਦੇਵਹਿ ਕਰਹਿ ਸੋਈ ॥੩॥ ਆਸਾ ਮਨਸਾ ਦੋਊ ਬਿਨਾਸਤ, ਤ੍ਰਿਹੁ ਗੁਣ ਆਸ ਨਿਰਾਸ ਭਈ ॥ ਤੁਰੀਆਵਸਥਾ ਗੁਰਮੁਖਿ ਪਾਈਐ, ਸੰਤ ਸਭਾ ਕੀ ਓਟ ਲਹੀ ॥੪॥ ਗਿਆਨ ਧਿਆਨ ਸਗਲੇ ਸਭਿ ਜਪ ਤਪ, ਜਿਸੁ ਹਰਿ ਹਿਰਦੈ ਅਲਖ ਅਭੇਵਾ ॥ ਨਾਨਕ ਰਾਮ ਨਾਮਿ ਮਨੁ ਰਾਤਾ, ਗੁਰਮਤਿ ਪਾਏ ਸਹਜ ਸੇਵਾ ॥੫॥੨੨॥ {ਪੰਨਾ ੩੫੫}

ਕਬੀਰ ਜੀ ਨੇ 'ਸਾਸੁ' ਦੇ ਸਾਰੇ ਹੀ ਪਰਵਾਰ ਦਾ ਹਾਲ ਦੱਸ ਕੇ ਦੁੱਖਾਂ ਦੀ ਲੰਮੀ ਕਹਾਣੀ ਬਿਆਨ ਕੀਤੀ ਹੈ। ਪਰ ਸਤਿਗੁਰੂ ਜੀ ਨੇ ਉਸ "ਸਾਸੁ ਬੁਰੀ" ਦਾ ਥੋੜਾ ਜਿਹਾ ਜ਼ਿਕਰ ਕਰ ਕੇ, ਉਸ ਦੇ ਅਤੇ ਉਸ ਦੇ ਪਰਵਾਰ ਦੇ ਪੰਜੇ ਵਿਚੋਂ ਨਿਕਲਣ ਦਾ ਰਸਤਾ ਵਿਖਾਣ ਤੇ ਜ਼ੋਰ ਦਿੱਤਾ ਹੈ। ਇਹ ਦੋਵੇਂ ਸ਼ਬਦ ਆਮ੍ਹੋ-ਸਾਹਮਣੇ ਰੱਖਿਆਂ ਇਹ ਆਖਣਾ ਗ਼ਲਤ ਨਹੀਂ ਹੈ ਕਿ ਸਤਿਗੁਰੂ ਨਾਨਕ ਦੇਵ ਜੀ ਦੇ ਪਾਸ ਕਬੀਰ ਜੀ ਦਾ ਇਹ ਸ਼ਬਦ ਮੌਜੂਦ ਸੀ, ਜਦੋਂ ਉਹਨਾਂ ਆਪਣਾ ਸ਼ਬਦ ਉਚਾਰਿਆ।

(੫) ਗੁਰੂ ਗ੍ਰੰਥ ਸਾਹਿਬ ਜੀ ਦੇ ਸਿਰੀ ਰਾਗ ਵਿਚ ਭਗਤਾਂ ਦੀ ਬਾਣੀ ਸ਼ੁਰੂ ਕਰਨ ਲੱਗਿਆਂ, ਪਹਿਲੇ ਹੀ ਸ਼ਬਦ ਦਾ (ਜੋ ਕਬੀਰ ਜੀ ਦਾ ਉਚਾਰਿਆ ਹੋਇਆ ਹੈ) ਸਿਰ-ਲੇਖ ਇਉਂ ਹੈ :—

"ਸਿਰੀ ਰਾਗ ॥ ਕਬੀਰ ਜੀਉ ਕਾ ॥ ਏਕੁ ਸੁਆਨੁ ਕੈ ਘਰਿ ਗਾਵਣਾ ॥"

ਇਸ ਸਿਰ-ਲੇਖ ਦੇ ਤੀਜੇ ਹਿੱਸੇ ਨੂੰ ਗਹੁ ਨਾਲ ਵਿਚਾਰਨ ਦੀ ਲੋੜ ਹੈ। ਲਫ਼ਜ਼ 'ਕੈ' ਵਿਆਕਰਣ ਅਨੁਸਾਰ 'ਸੰਬੰਧਕ' ਹੈ। ਜੇ ਇਸ ਦਾ ਸੰਬੰਧ ਲਫ਼ਜ਼ 'ਸੁਆਨੁ' ਦੇ ਨਾਲ ਹੁੰਦਾ, ਤਾਂ ਇਸ ਦੇ ਅਖ਼ੀਰ ਤੇ (ੁ) ਨਾ ਹੁੰਦਾ; ਜਿਵੇਂ—

ਕੀਮਤਿ ਸੋ ਪਾਵੈ, ਆਪਿ ਜਾਣਾਵੈ, ਆਪਿ ਅਭੁਲੁ, ਨ ਭੁਲਏ ॥
ਜੈ ਜੈਕਾਰੁ ਕਰਹਿ ਤੁਧੁ ਭਾਵਹਿ, ਗੁਰ ਕੈ ਸਬਦਿ ਅਮੁਲਏ ॥੯॥੨॥੫॥ {ਸੂਹੀ ਛੰਤ ਮ: ੧ ਘਰੁ ੪

ਇੱਥੇ 'ਸੰਬੰਧਕ' "ਕੈ" ਦਾ ਸੰਬੰਧ ਲਫ਼ਜ਼ "ਗੁਰ" ਦੇ ਨਾਲ ਹੈ, ਇਸ ਵਾਸਤੇ ਲਫ਼ਜ਼ 'ਗੁਰ' ਦੇ ਨਾਲ (ੁ) ਨਹੀਂ ਰਹਿ ਸਕਦਾ। ਇਸੇ ਤਰ੍ਹਾਂ—

ਦਾਸੁ ਕਬੀਰੁ ਤੇਰੀ ਪਨਹ ਸਮਾਨਾ ॥
ਭਿਸਤੁ ਨਜੀਕਿ ਰਾਖੁ ਰਹਮਾਨਾ ॥੪॥੭॥੧੫॥ {ਭੈਰਉ

ਲਫ਼ਜ਼ 'ਨਜੀਕਿ' ਵਿਆਕਰਣ ਅਨੁਸਾਰ 'ਸੰਬੰਧਕ' ਹੈ। ਜੇ ਇਸ ਦਾ ਸੰਬੰਧ ਲਫ਼ਜ਼ 'ਭਿਸਤੁ' ਦੇ ਨਾਲ ਹੁੰਦਾ, ਤਾਂ ਇਸ ਦੇ ਅਖ਼ੀਰ ਵਿਚ (ੁ) ਨਾਹ ਹੁੰਦਾ। ਇਸ ਦਾ ਅਰਥ ਇਉਂ ਹੈ—ਹੇ ਰਹਿਮਾਨ! (ਮੈਨੂੰ ਆਪਣੇ) ਨਜੀਕਿ ਰੱਖ, (ਮੇਰੇ ਲਈ ਇਹੀ) ਭਿਸਤੁ (ਹੈ)।

ਸੋ, ਉੱਪਰਲੇ ਸਿਰ-ਲੇਖ ਵਿਚ ਦੇ 'ਸੰਬੰਧਕ' ਦਾ ਸੰਬੰਧ ਉਸ ਸਾਰੇ ਹੀ ਸ਼ਬਦ ਦੇ ਨਾਲ ਹੈ ਜਿਸ ਦੇ ਸ਼ੁਰੂ ਵਿਚ ਇਹ ਲਫ਼ਜ਼ ਹਨ "ਏਕੁ ਸੁਆਨੁ"। ਉਹ ਸ਼ਬਦ ਇਸੇ ਹੀ ਰਾਗ ਵਿਚ ਗੁਰੂ ਨਾਨਕ ਦੇਵ ਜੀ ਦਾ ਹੈ, ਜੋ ਇਉਂ ਹੈ :

ਸਿਰੀ ਰਾਗੁ ਮਹਲਾ ੧ ਘਰੁ ॥ ਏਕੁ ਸੁਆਨੁ ਦੁਇ ਸੁਆਨੀ ਨਾਲਿ ॥ ਭਲਕੇ ਭਉਕਹਿ ਸਦਾ ਬਇਆਲਿ ॥ ਕੂੜੁ ਛੁਰਾ ਮੁਠਾ ਮੁਰਦਾਰੁ ॥ ਧਾਣਕ ਰੂਪਿ ਰਹਾ ਕਰਤਾਰ ॥੧॥ ਮੈ ਪਤਿ ਕੀ ਪੰਦਿ ਨ ਕਰਣੀ ਕੀ ਕਾਰ ॥ ਹਉ ਬਿਗੜੈ ਰੂਪਿ ਰਹਾ ਬਿਕਰਾਲ ॥ ਤੇਰਾ ਏਕੁ ਨਾਮੁ ਤਾਰੇ ਸੰਸਾਰੁ ॥ ਮੈ ਏਹਾ ਆਸ ਏਹੋ ਆਧਾਰੁ ॥੧॥ਰਹਾਉ॥ ਮੁਖਿ ਨਿੰਦਾ ਆਖਾ ਦਿਨੁ ਰਾਤਿ ॥ ਪਰ ਘਰੁ ਜੋਹੀ ਨੀਚ ਸਨਾਤਿ ॥ ਕਾਮੁ ਕ੍ਰੋਧੁ ਤਨਿ ਵਸਹਿ ਚੰਡਾਲ ॥ ਧਾਣਕ ਰੂਪਿ ਰਹਾ ਕਰਤਾਰ ॥੨॥ ਫਾਹੀ ਸੁਰਤਿ ਮਲੂਕੀ ਵੇਸੁ ॥ ਹਉ ਠਗਵਾੜਾ ਠਗੀ ਦੇਸੁ ॥ ਖਰਾ ਸਿਆਣਾ ਬਹੁਤਾ ਭਾਰੁ ॥ ਧਾਣਕ ਰੂਪਿ ਰਹਾ ਕਰਤਾਰ ॥੩॥ ਮੈ ਕੀਤਾ ਨ ਜਾਤਾ ਹਰਾਮਖੋਰੁ ॥ ਹਉ ਕਿਆ ਮੁਹੁ ਦੇਸਾ ਦੁਸਟੁ ਚੋਰੁ ॥ ਨਾਨਕੁ ਨੀਚੁ ਕਹੈ ਬੀਚਾਰੁ ॥ ਧਾਣਕ ਰੂਪਿ ਰਹਾ ਕਰਤਾਰ ॥੪॥੨੯॥ {ਪੰਨਾ ੨੪}

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਦੇ ਸਿਰ-ਲੇਖਾਂ ਨੂੰ ਗਹੁ ਨਾਲ ਪੜ੍ਹ ਕੇ ਵੇਖੋ। ਇਹਨਾਂ ਨੂੰ ਦਰਜ ਕਰਨ ਵਿਚ ਸਤਿਗੁਰੂ ਅਰਜਨ ਸਾਹਿਬ ਨੇ ਬੜੇ ਸੰਕੋਚ ਤੋਂ ਕੰਮ ਲਿਆ ਹੈ। 'ਮਹਲਾ ੧, ੩, ੪' ਦੇ ਹਿੰਦਸੇ ਨੂੰ ਕਿਵੇਂ ਪੜ੍ਹਨਾ ਹੈ; ਇਹ ਮਸਾਂ ਪੰਜ-ਸੱਤ ਵਾਰੀ ਹੀ ਸਾਰੇ ਗੁਰੂ ਸਾਹਿਬ ਵਿਚ ਇਸ਼ਾਰੇ-ਮਾਤ੍ਰ ਦੱਸਿਆ ਹੈ ਕਿ 'ਪਹਿਲਾ, ਤੀਜਾ, ਚੌਥਾ' ਪੜ੍ਹਨਾ ਹੈ। ਇਸ ਸੰਕੋਚ ਤੇ ਸੰਖੇਪ ਦਾ ਇਤਨਾ ਖ਼ਿਆਲ ਰਖਿਆ ਹੈ ਕਿ ਕਈ ਵਾਰੀ ਲਫ਼ਜ਼ 'ਘਰੁ' ਭੀ ਛੱਡ ਦਿੱਤਾ ਹੈ, ਤੇ, ਸਿਰਫ਼ ਅਗਲਾ 'ਹਿੰਦਸਾ' ਹੀ ਲਿਖਿਆ ਹੈ। ਵੇਖੋ ਗਉੜੀ ਰਾਗ ਵਿਚ ਕਬੀਰ ਦੇ ਸ਼ਬਦ ਨੰ: ੬੨, ੬੬, ੬੭, ੬੮, ੬੯; ਗਉੜੀ ੯, ਗਉੜੀ ੧੧, ਗਉੜੀ ੧੨, ਗਉੜੀ ੧੩। ਗੁਰੂ ਨਾਨਕ ਦੇਵ ਜੀ ਦੇ ਉੱਪਰਲੇ ਸ਼ਬਦ ਦਾ 'ਘਰੁ ੪' ਹੈ। ਕਬੀਰ ਜੀ ਦੇ ਸ਼ਬਦ ਦੇ ਅਰੰਭ ਵਿਚ ਭੀ ਲਫ਼ਜ਼ 'ਘਰੁ ੪' ਹੀ ਵਰਤਿਆ ਜਾ ਸਕਦਾ ਸੀ। ਪਰ ਇਹ ਤਿੰਨ ਅੱਖਰ ਲਿਖਣ ਦੇ ਥਾਂ 'ਏਕੁ ਸੁਆਨੁ ਕੈ ਘਰਿ ਗਾਵਣਾ' ਦੇ ਗਿਆਰਾਂ ਅੱਖਰ ਕਿਉਂ ਲਿਖੇ ਗਏ ਹਨ? ਇਸ

ਵਿਚ ਭੀ ਕੋਈ ਰਾਜ਼ ਦੀ ਗੱਲ ਹੈ । ਆਓ, ਕਬੀਰ ਜੀ ਦਾ ਉਹ ਸ਼ਬਦ ਪੜ੍ਹ ਵੇਖੀਏ :—

ਜਨਨੀ ਜਾਨਤ ਸੁਤੁ ਬਡਾ ਹੋਤੁ ਹੈ ॥ ਇਤਨਾ ਕੁ ਨ ਜਾਨੈ ਜਿ ਦਿਨ ਦਿਨ ਅਵਧ ਘਟਤੁ ਹੈ ॥ ਮੋਰ ਮੋਰ ਕਰਿ ਅਧਿਕ ਲਾਡੁ ਧਰਿ, ਪੇਖਤ ਹੀ ਜਮਰਾਉ ਹਸੈ ॥੨॥ ਐਸਾ ਤੈਂ ਜਗੁ ਭਰਮਿ ਲਾਇਆ ॥ ਕੈਸੇ ਬੂਝੈ ਜਬ ਮੋਹਿਆ ਹੈ ਮਾਇਆ ॥੧॥ਰਹਾਉ॥ ਕਹਤ ਕਬੀਰ ਛੋਡਿ ਬਿਖਿਆ ਰਸ, ਇਤੁ ਸੰਗਤਿ ਨਿਹਚਉ ਮਰਣਾ ॥ ਰਮਈਆ ਜਪਹੁ ਪ੍ਰਾਣੀ ਅਨਤ ਜੀਵਨ ਬਾਣੀ, ਇਨ ਬਿਧਿ ਭਵ ਸਾਗਰੁ ਤਰਣਾ ॥੧॥ ਜਾਂ ਤਿਸੁ ਭਾਵੈ ਤਾ ਲਾਗੈ ਭਾਉ ॥ ਭਰਮੁ ਭੁਲਾਵਾ ਵਿਚਹੁ ਜਾਇ ॥ ਉਪਜੈ ਸਹਜੁ ਗਿਆਨ ਮਤਿ ਜਾਗੈ ॥ ਗੁਰ ਪ੍ਰਸਾਦਿ ਅੰਤਰਿ ਲਿਵ ਲਾਗੈ ॥੩॥ ਇਤੁ ਸੰਗਤਿ ਨਾਹੀ ਮਰਣਾ ॥ ਹੁਕਮੁ ਪਛਾਣਿ ਤਾ ਖਸਮੈ ਮਿਲਣਾ ॥੧॥ਰਹਾਉ ਦੂਜਾ॥ {ਪੰਨਾ ੯੧}

ਸ਼ਬਦ ਦਾ ਮੁੱਖ-ਭਾਵ 'ਰਹਾਉ' ਦੀ ਤੁਕ ਵਿਚ ਹੈ ਕਿ ਜਗਤ ਮਾਇਆ ਦੇ ਮੋਹ ਵਿਚ ਫਸ ਕੇ ਕੁਰਾਹੇ ਪਿਆ ਹੋਇਆ ਹੈ । ਬੰਦ ਨੰ: ੧ ਵਿਚ ਮਾਂ ਦੇ ਮੋਹ ਦੀ ਮਿਸਾਲ ਦਿੱਤੀ ਹੈ ਬੰਦ ਨੰ: ੨ ਵਿਚ ਜੀਵ ਨੂੰ "ਬਿਖਿਆ ਰਸ" ਵੱਲੋਂ ਕਬੀਰ ਜੀ ਸੁਚੇਤ ਕਰਦੇ ਹਨ ਅਤੇ ਆਖਦੇ ਹਨ ਕਿ "ਇਤੁ ਸੰਗਤਿ" ਆਤਮਕ ਮੌਤ ਹੋ ਜਾਂਦੀ ਹੈ । 'ਬਿਖਿਆ' ਦੇ ਕਿਹੜੇ 'ਰਸ' ਹਨ, ਮਾਇਆ ਦੇ ਕਿਹੜੇ ਚਸਕੇ ਹਨ?—ਕਬੀਰ ਜੀ ਨੇ ਇਸ ਖ਼ਿਆਲ ਨੂੰ ਖੋਲ੍ਹ ਕੇ ਨਹੀਂ ਦੱਸਿਆ । "ਮਰਣਾ" ਤੋਂ ਕੀਹ ਭਾਵ ਹੈ? ਇਹ ਭੀ ਖੋਲ੍ਹ ਕੇ ਨਹੀਂ ਸਮਝਾਇਆ । ਹੁਣ ਇਸ ਸ਼ਬਦ ਦੇ ਨਾਲ ਰਲਾ ਕੇ ਗੁਰੂ ਨਾਨਕ ਦੇਵ ਜੀ ਦਾ ਉੱਪਰ ਦਿੱਤਾ ਸ਼ਬਦ ਪੜ੍ਹੋ । "ਬਿਖਿਆ ਰਸ" ਕਿਹੜੇ ਕਿਹੜੇ ਹਨ? ਕਾਮ, ਕ੍ਰੋਧ, ਨਿੰਦਾ, ਪਰ ਘਰ, ਫਾਹੀ ਸੁਰਤਿ, ਕੂੜ ਆਦਿਕ ਇਹ ਸਾਰੇ "ਬਿਖਿਆ" ਦੇ 'ਰਸ' ਹਨ । 'ਮਰਣਾ' ਕੀਹ ਹੈ? "ਧਾਣਕ ਰੂਪਿ ਰਹਾ ਕਰਤਾਰ" ।

ਬੱਸ! ਇਹਨਾਂ ਦੋਹਾਂ ਸ਼ਬਦਾਂ ਦੀ ਇਹ ਡੂੰਘੀ ਸਾਂਝ ਦੱਸਣ ਲਈ ਹੀ ਉਪਰਲਾ ਸਿਰ-ਲੇਖ ਉਚੇਚੀ ਸ਼ਕਲ ਵਿਚ ਦਿੱਤਾ ਗਿਆ ਹੈ ।

(੬) ਰਾਮਕਲੀ ਰਾਗੁ ਵਿਚ ਕਬੀਰ ਜੀ ਦੇ ਪਹਿਲੇ ਦੋ ਸ਼ਬਦ ਧਿਆਨ ਨਾਲ ਪੜ੍ਹਨ ਵਾਲੇ ਹਨ । ਪਹਿਲੇ ਸ਼ਬਦ ਵਿਚ ਲਿਖਦੇ ਹਨ :

ਕਾਇਆ ਕਲਾਲਨਿ ਲਾਹਨਿ ਮੇਲਉ, ਗੁਰ ਕਾ ਸਬਦੁ ਗੁੜੁ ਕੀਨੁ ਰੇ ॥ ਤ੍ਰਿਸਨਾ ਕਾਮੁ ਕ੍ਰੋਧੁ ਮਦ ਮਤਸਰ, ਕਾਟਿ ਕਾਟਿ ਕਸੁ ਦੀਨੁ ਰੇ ॥ ਕੋਈ ਹੈ ਰੇ ਸੰਤੁ ਸਹਜ ਸੁਖ ਅੰਤਰਿ ਜਾ ਕਉ ਜਪੁ ਤਪੁ ਦੇਉ ਦਲਾਲੀ ਰੇ ॥ ਏਕ ਬੂੰਦ ਭਰਿ ਤਨੁ ਮਨੁ ਦੇਵਉ ਜੋ ਮਦੁ ਦੇਇ ਦਲਾਲੀ ਰੇ ॥੧॥ਰਹਾਉ॥ ਭਵਨ ਚਤੁਰਦਸ ਭਾਠੀ ਕੀਨ੍ਹੀ, ਬ੍ਰਹਮ ਅਗਨਿ ਤਨਿ ਜਾਰੀ ਰੇ ॥ ਮੁਦ੍ਰਾ ਮਦਕ ਸਹਜ ਧੁਨਿ ਲਾਗੀ, ਸੁਖਮਨ ਪੋਚਨਹਾਰੀ ਰੇ ॥੨॥......ਨਿਝਰ ਧਾਰ ਚੁਐ ਅਤਿ ਨਿਰਮਲ, ਇਹ ਰਸ ਮਨੂਆ ਰਾਤੋ ਰੇ ॥ ਕਹਿ ਕਬੀਰ ਸਗਲੇ ਮਦ ਛੂਛੇ, ਇਹੈ ਮਹਾ ਰਸੁ ਸਾਚੋ ਰੇ ॥੧॥ {ਪੰਨਾ ੯੬੮}

ਦੂਜੇ ਸ਼ਬਦ ਵਿਚ ਲਿਖਦੇ ਹਨ :—

ਗੁੜੁ ਕਰਿ ਗਿਆਨੁ, ਧਿਆਨੁ ਕਰਿ ਮਹੂਆ, ਭਉ ਭਾਠੀ ਮਨ ਧਾਰਾ ॥ ਸੁਖਮਨ ਨਾਰੀ ਸਹਜ ਸਮਾਨੀ, ਪੀਵੈ ਪੀਵਨਹਾਰਾ ॥੧॥ ਅਉਧੂ ਮੇਰਾ ਮਨੁ ਮਤਵਾਰਾ ॥ ਉਨਮਦ ਚਢਾ, ਮਦਨ ਰਸੁ ਚਾਖਿਆ, ਤ੍ਰਿਭਵਣ ਭਇਆ ਉਜਿਆਰਾ ॥੧॥ਰਹਾਉ॥ {ਪੰਨਾ ੯੬੯}

ਰਾਮਕਲੀ ਰਾਗ ਵਿਚ ਕਬੀਰ ਜੀ ਦੇ ਇਹਨਾਂ ਦੋਹਾਂ ਸ਼ਬਦਾਂ ਨੂੰ ਸਾਹਮਣੇ ਰੱਖ ਕੇ ਗੁਰੂ ਨਾਨਕ ਦੇਵ ਜੀ ਦਾ ਹੇਠ-ਲਿਖਿਆ ਸ਼ਬਦ ਪੜ੍ਹੋ । ਕਿਤਨੀ ਡੂੰਘੀ ਸਾਂਝ ਹੈ । ਕਬੀਰ ਜੀ ਦੇ ਦੋਹਾਂ ਸ਼ਬਦਾਂ ਵਿਚ ਵਰਤੇ ਲਫ਼ਜ਼ "ਸੁਖਮਨ" ਦਾ ਭੀ ਗੁਰੂ ਨਾਨਕ ਦੇਵ ਜੀ ਦੇ ਸ਼ਬਦ ਤੋਂ ਸਾਫ਼ ਨਿਰਨਾ ਹੋ ਜਾਂਦਾ ਹੈ । ਇਹ ਗੱਲ ਭੀ ਪਰਤੱਖ ਦਿੱਸ ਰਹੀ ਹੈ ਕਿ ਇਸ ਸ਼ਬਦ ਨੂੰ ਲਿਖਣ ਵੇਲੇ ਸਤਿਗੁਰੂ ਜੀ ਪਾਸ ਭਗਤ ਜੀ ਦੇ ਇਹ ਦੋਵੇਂ ਸ਼ਬਦ ਮੌਜੂਦ ਸਨ—

ਆਸਾ ਮਹਲਾ ੧ ॥ ਗੁੜੁ ਕਰਿ ਗਿਆਨੁ ਧਿਆਨੁ ਕਰਿ ਧਾਵੈ, ਕਰਿ ਕਰਣੀ ਕਸੁ ਪਾਈਐ ॥ ਭਾਠੀ ਭਵਨੁ, ਪ੍ਰੇਮ ਕਾ ਪੋਚਾ ਇਤੁ ਰਸਿ ਅਮਿਉ ਚੁਆਈਐ ॥੧॥ ਬਾਬਾ ਮਨੁ ਮਤਵਾਰੋ ਨਾਮ ਰਸੁ ਪੀਵੈ, ਸਹਜ ਰੰਗ ਰਚਿ ਰਹਿਆ ॥ ਅਹਿਨਿਸਿ ਬਨੀ ਪ੍ਰੇਮ ਲਿਵ ਲਾਗੀ, ਸਬਦੁ ਅਨਾਹਦ ਗਹਿਆ ॥੧॥ ਰਹਾਉ ॥ ਪੂਰਾ ਸਾਚੁ ਪਿਆਲਾ ਸਹਜੇ, ਤਿਸਹਿ ਪੀਆਏ ਜਾ ਕਉ ਨਦਰਿ ਕਰੇ ॥ ਅੰਮ੍ਰਿਤ ਕਾ ਵਾਪਾਰੀ ਹੋਵੈ, ਕਿਆ ਮਦਿ ਛੂਛੈ ਭਾਉ ਧਰੇ ॥੨॥ ਗੁਰ ਕੀ ਸਾਖੀ ਅੰਮ੍ਰਿਤ ਬਾਣੀ, ਪੀਵਤ ਹੀ ਪਰਵਾਣੁ ਭਇਆ ॥ ਦਰ ਦਰਸਨ ਕਾ ਪ੍ਰੀਤਮੁ ਹੋਵੈ, ਮੁਕਤਿ ਬੈਕੁੰਠੈ ਕਰੈ ਕਿਆ ॥੩॥ ਸਿਫਤੀ ਰਤਾ ਸਦ ਬੈਰਾਗੀ, ਜੂਐ ਜਨਮੁ ਨ ਹਾਰੈ ॥ ਕਹੁ ਨਾਨਕ ਸੁਣਿ ਭਰਥਰਿ ਜੋਗੀ, ਖੀਵਾ ਅੰਮ੍ਰਿਤ ਧਾਰੈ ॥੪॥੪॥੩੮॥ {ਪੰਨਾ ੩੬੦}

੧. ਕਬੀਰ ਜੀ ਅਤੇ ਗੁਰੂ ਨਾਨਕ ਸਾਹਿਬ ਦਾ ਨਿਸ਼ਾਨਾ ਇੱਕੋ ਹੀ ਹੈ—ਜੋਗੀ ਨੂੰ ਸ਼ਰਾਬ ਤੋਂ ਵਰਜ ਰਹੇ ਹਨ ।

੨. ਕਬੀਰ : "ਭਵਨ ਚਤਰਦਸ ਭਾਠੀ" ।੨।੧। ਗੁਰੂ ਨਾਨਕ : "ਭਾਠੀ ਭਵਨੁ" ।੧।

੩. ਕਬੀਰ : "ਸੁਖਮਨ (=ਮਨ ਦੀ ਸੁਖ ਅਵਸਥਾ) ਪੋਚਨਹਾਰੀ" ।੨।੧। ਗੁਰੂ ਨਾਨਕ : "ਪ੍ਰੇਮ ਕਾ ਪੋਚਾ" ।੧।

੪. ਕਬੀਰ : "ਸਗਲੇ ਮਦ ਛੂਛੇ" ।੪।੧। ਗੁਰੂ ਨਾਨਕ : "ਕਿਆ ਮਦਿ ਛੂਛੈ ਭਾਉ ਧਰੇ" ।੨।

੫. ਕਬੀਰ : "ਤ੍ਰਿਸਨਾ ਕਾਮੁ ਕ੍ਰੋਧੁ ਮਦ ਮਤਸਰ, ਕਾਟਿ ਕਾਟਿ ਕਸੁ ਦੀਨੁ ਰੇ" ।੧।੧। ਗੁਰੂ ਨਾਨਕ : "ਕਰਣੀ ਕਸੁ" ।੧।

੬. ਕਬੀਰ : "ਗੁੜੁ ਕਰਿ ਗਿਆਨੁ" ।੧।੨। ਗੁਰੂ ਨਾਨਕ : "ਗੁੜੁ ਕਰਿ ਗਿਆਨੁ" ।੧।

੭. ਕਬੀਰ : "ਅਉਧੂ ਮੇਰਾ ਮਨੁ ਮਤਵਾਰਾ ।ਰਹਾਉ।੨। ਗੁਰੂ ਨਾਨਕ : "ਬਾਬਾ ਮਨੁ ਮਤਵਾਰੋ" ।ਰਹਾਉ।

ਨੋਟ—ਅਖ਼ੀਰਲੇ ਨੰ: ੭ ਵਿਚ ਦਿੱਤੀ ਸਾਂਝ ਇਕ ਹੋਰ ਗੱਲੋਂ ਭੀ ਸੁਆਦਲੀ ਹੈ । ਦੋਹਾਂ ਮਹਾਂ ਪੁਰਖਾਂ ਨੇ ਲਫ਼ਜ਼ "ਮਨੁ ਮਤਵਾਰੋ" 'ਰਹਾਉ' ਦੀਆਂ ਤੁਕਾਂ ਵਿਚ ਵਰਤੇ ਹਨ ।

ਇਹ ਇਤਨੀ ਡੂੰਘੀ ਸਾਂਝ ਸਬੱਬ ਨਾਲ ਨਹੀਂ ਹੋ ਗਈ । ਕਬੀਰ ਜੀ ਦੇ ਇਹ ਦੋਵੇਂ ਸ਼ਬਦ ਗੁਰੂ ਨਾਨਕ ਸਾਹਿਬ ਦੇ ਪਾਸ ਮੌਜੂਦ ਸਨ ।

(੭) ਰਾਮਕਲੀ ਦੇ ਚੌਥੇ ਸ਼ਬਦ ਵਿਚ ਕਬੀਰ ਜੀ ਲਿਖਦੇ ਹਨ :—

ਸੰਤਾ ਮਾਨਉ, ਦੂਤਾ ਡਾਨਉ, ਇਹ ਕੁਟਵਾਰੀ ਮੇਰੀ ॥ ਦਿਵਸ ਰੈਨਿ ਤੇਰੇ ਪਾਉ ਪਲੋਸਉ, ਕੇਸ ਚਵਰ ਕਰਿ ਫੇਰੀ ॥੧॥ ਹਮ ਕੂਕਰ ਤੇਰੇ ਦਰਬਾਰਿ ॥ ਭਉਕਹਿ ਆਗੈ ਬਦਨੁ ਪਸਾਰਿ ॥੧॥ਰਹਾਉ॥ {ਪੰਨਾ ੯੬੯}

ਭਾਵ :—ਹੇ ਪ੍ਰਭੂ ! ਮੈਂ ਤੇਰੇ ਦਰ ਤੇ (ਬੈਠਾ ਹੋਇਆ ਇਕ) ਕੁੱਤਾ ਹਾਂ, ਤੇ ਮੂੰਹ ਅਗਾਂਹ ਵਧਾ ਕੇ ਭੌਂਕ ਰਿਹਾ ਹਾਂ (ਭਾਵ, ਤੇਰੇ ਦਰ ਤੇ ਮੈਂ ਜੋ ਤੇਰੀ ਸਿਫ਼ਤਿ-ਸਾਲਾਹ ਕਰਦਾ ਹਾਂ, ਇਹ ਆਪਣੇ ਸਰੀਰ ਨੂੰ ਵਿਕਾਰ-ਕੁੱਤਿਆਂ ਤੋਂ ਬਚਾਉਣ ਲਈ ਹੈ, ਜਿਵੇਂ ਇੱਕ ਕੁੱਤਾ ਕਿਸੇ ਪਰਾਈ ਗਲੀ ਦੇ ਕੁੱਤਿਆਂ ਤੋਂ ਆਪਣੇ ਆਪ ਦੀ ਰਾਖੀ ਕਰਨ ਲਈ ਭੌਂਕਦਾ ਹੈ) ।੧।

ਆਪਣੇ ਇਸ ਸਰੀਰ-ਸ਼ਹਿਰ ਦੀ ਰਾਖੀ ਕਰਨ ਲਈ ਮੇਰਾ ਫ਼ਰਜ਼ ਇਹ ਹੈ ਕਿ ਮੈਂ ਭਲੇ ਗੁਣਾਂ ਨੂੰ ਜੀ-ਆਇਆਂ ਆਖਾਂ, ਤੇ, ਵਿਕਾਰਾਂ ਨੂੰ ਮਾਰ ਕੱਢਾਂ; ਦਿਨ ਰਾਤ ਹੇ ਪ੍ਰਭੂ ! ਤੇਰੇ ਚਰਨ ਪਰਸਾਂ, ਤੇ ਆਪਣੇ ਕੇਸਾਂ ਦਾ ਚਉਰ ਤੇਰੇ ਉੱਤੇ ਝੁਲਾਵਾਂ ।੧।

ਇਹੀ ਖ਼ਿਆਲ ਗੁਰੂ ਨਾਨਕ ਦੇਵ ਜੀ ਨੇ ਬਿਲਾਵਲ ਰਾਗ ਦੇ ਪਹਿਲੇ ਸ਼ਬਦ ਵਿਚ ਇਉਂ ਦੱਸਿਆ ਹੈ—

ਤੂ ਸੁਲਤਾਨੁ ਕਹਾ ਹਉ ਮੀਆ, ਤੇਰੀ ਕਵਨ ਵਡਾਈ ॥
ਜੋ ਤੂ ਦੇਹਿ ਸੁ ਕਹਾ ਸੁਆਮੀ, ਮੈ ਮੂਰਖ ਕਹਣੁ ਨ ਜਾਈ ।੧।... ... ...
ਏਤੇ ਕੂਕਰ ਹਉ ਬੇਗਾਨਾ, ਭਉਕਾ ਇਸ ਤਨ ਤਾਈ... ... ॥੪॥੧॥

(੮) ਰਾਮਕਲੀ ਦੇ ਦਸਵੇਂ ਸ਼ਬਦ ਵਿਚ ਕਬੀਰ ਜੀ ਲਿਖਦੇ ਹਨ—

ਬੰਧਚਿ ਬੰਧਨੁ ਪਾਇਆ ॥ ਮੁਕਤੈ ਗੁਰਿ ਅਨਲੁ ਬੁਝਾਇਆ ॥ ਜਬ ਨਖ ਸਿਖ ਇਹੁ ਮਨੁ ਚੀਨਾ ॥ ਤਬ ਅੰਤਰਿ ਮਜਨੁ ਕੀਨ੍ਾ ॥੧॥ ਪਵਨਪਤਿ ਉਨ੍ਮਨਿ ਰਹਨੁ ਖਰਾ ॥ ਨਹੀ ਮਿਰਤੁ ਨ ਜਨਮੁ ਜਰਾ ॥੧॥ਰਹਾਉ॥ ਉਲਟੀਲੇ ਸਕਤਿ ਸਹਾਰੰ ॥ ਪੈਸੀਲੇ ਗਗਨ ਮਝਾਰੰ ॥ ਬੇਧੀਅਲੇ ਚਕ੍ਰ ਭੁਅੰਗਾ ॥ ਭੇਟੀਅਲੇ ਰਾਇ ਨਿਸੰਗਾ ॥੨॥ ਚੂਕੀਅਲੇ ਮੋਹ ਮਇ ਆਸਾ ॥ ਸਸਿ ਕੀਨੋ ਸੂਰ ਗਿਰਾਸਾ ॥ ਜਬ ਕੁੰਭਕੁ ਭਰਿਪੁਰਿ ਲੀਣਾ ॥ ਤਹ ਬਾਜੇ ਅਨਹਦ ਬੀਣਾ ॥੩॥ ਬਕਤੈ ਬਕਿ ਸਬਦੁ ਸੁਨਾਇਆ ॥ ਸੁਨਤੈ ਸੁਨਿ ਮੰਨਿ ਬਸਾਇਆ ॥ ਕਰਿ ਕਰਤਾ ਉਤਰਸਿ ਪਾਰੰ ॥ ਕਹੈ ਕਬੀਰਾ ਸਾਰੰ ॥੪॥੧॥੧੦॥ {ਪੰਨਾ ੯੭੧}

ਸ਼ਬਦ ਦਾ ਮੁਖ ਭਾਵ 'ਰਹਾਉ' ਦੀ ਤੁਕ ਵਿਚ ਹੈ । ਇਸ ਕੇਂਦਰੀ ਭਾਵ ਨੂੰ ਸਾਰੇ ਸ਼ਬਦ ਵਿਚ ਵਿਸਥਾਰ ਨਾਲ ਬਿਆਨ ਕੀਤਾ ਹੈ । 'ਰਹਾਉ' ਵਿਚ ਦੱਸਿਆ ਹੈ ਕਿ ਜੀਵਾਤਮਾ ਦੀ ਸਭ ਤੋਂ ਉੱਚੀ ਅਵਸਥਾ ਉਹ ਹੈ ਜਦੋਂ ਇਹ 'ਉਨਮਨ' ਵਿਚ ਅੱਪੜਦਾ ਹੈ । ਇਸ ਅਵਸਥਾ ਨੂੰ ਜਨਮ ਮਰਨ ਤੇ ਬੁਢੇਪਾ ਪੋਹ ਨਹੀਂ ਸਕਦੇ । ਇਸ ਅਵਸਥਾ ਦੀ ਹੋਰ ਸਾਰੀ ਹਾਲਤ ਸਾਰੇ ਸ਼ਬਦ ਵਿਚ ਦੱਸੀ ਗਈ ਹੈ, ਤੇ ਇਹ ਸਾਰੀ ਹਾਲਤ ਉਸ ਕੇਂਦਰੀ ਤਬਦੀਲੀ ਦਾ ਨਤੀਜਾ ਹੈ । ਇਹ 'ਉਨਮਨ' ਕਿਵੇਂ ਬਣੀ? ਸਿਮਰਨ ਦੀ ਬਰਕਤ ਨਾਲ । ਕਬੀਰ ਜੀ ਆਖਦੇ ਹਨ ਕਿ ਇਹੀ ਅਸਲ ਭੇਤ ਦੀ ਗੱਲ ਹੈ ।

ਇਸ ਭੇਤ ਦੀ ਗੱਲ ਨੂੰ ਜੋ ਕਬੀਰ ਜੀ ਨੇ ਸ਼ਬਦ ਦੇ ਅਖ਼ੀਰਲੇ 'ਬੰਦ' ਵਿਚ ਦੱਸੀ ਹੈ, ਗੁਰੂ ਨਾਨਕ ਸਾਹਿਬ ਨੇ ਆਪਣੇ ਇਕ ਸ਼ਬਦ ਵਿਚ ਖੁਲ੍ਹੇ ਵਿਸਥਾਰ ਨਾਲ ਬਿਆਨ ਕੀਤਾ ਹੈ । ਉਹ ਸ਼ਬਦ ਭੀ ਰਾਮਕਲੀ ਰਾਗ ਵਿੱਚ ਹੀ ਹੈ ਤੇ ਛੰਦ ਦੀ ਚਾਲ ਭੀ ਇਸੇ ਸ਼ਬਦ ਵਰਗੀ ਹੈ; ਵੇਖੋ—

ਰਾਮਕਲੀ ਮਹਲਾ ੧ ॥ ਜਾ ਹਰਿ ਪ੍ਰਭਿ ਕਿਰਪਾ ਧਾਰੀ ॥ ਤਾ ਹਉਮੈ ਵਿਚਹੁ ਮਾਰੀ ॥ ਸੋ ਸੇਵਕਿ ਰਾਮ ਪਿਆਰੀ ॥ ਜੋ ਗੁਰ ਸਬਦੀ ਬੀਚਾਰੀ ॥੧॥ ਸੋ ਹਰਿ ਜਨੁ ਹਰਿ ਪ੍ਰਭ ਭਾਵੈ ॥ ਅਹਿਨਿਸਿ ਭਗਤਿ ਕਰੇ ਦਿਨੁ ਰਾਤੀ, ਲਾਜ ਛੋਡਿ ਹਰਿ ਕੇ ਗੁਣ ਗਾਵੈ ॥੧॥ ਰਹਾਉ ॥ ਧੁਨਿ ਵਾਜੇ ਅਨਹਦ ਘੋਰਾ ॥ ਮਨੁ ਮਾਨਿਆ ਹਰਿ ਰਸਿ ਮੋਰਾ ॥ ਗੁਰ ਪੂਰੈ ਸਚੁ ਸਮਾਇਆ ॥ ਗੁਰੁ ਆਦਿ ਪੁਰਖੁ ਹਰਿ ਪਾਇਆ ॥੨॥ ਸਭਿ ਨਾਦ ਬੇਦ ਗੁਰਬਾਣੀ ॥ ਮਨੁ ਰਾਤਾ ਸਾਰਿਗ ਪਾਣੀ ॥ ਤਹ ਤੀਰਥ ਵਰਤ ਤਪ ਸਾਰੇ ॥ ਗੁਰ ਮਿਲਿਆ ਹਰਿ ਨਿਸਤਾਰੇ ॥੩॥ ਜਹ ਆਪੁ ਗਇਆ ਭਉ ਭਾਗਾ ॥ ਗੁਰ ਚਰਣੀ ਸੇਵਕੁ ਲਾਗਾ ॥ ਗੁਰਿ ਸਤਿਗੁਰਿ ਭਰਮੁ ਚੁਕਾਇਆ ॥ ਕਹੁ ਨਾਨਕ ਸਬਦਿ ਮਿਲਾਇਆ ॥੪॥੧੦॥ {ਪੰਨਾ ੮੭੯}

(੯) ਮਾਰੂ ਰਾਗ ਵਿਚ ਕਬੀਰ ਜੀ ਲਿਖਦੇ ਹਨ :—

ਬਨਹਿ ਬਸੇ ਕਿਉ ਪਾਈਐ, ਜਉ ਲਉ ਮਨਹੁ ਨ ਤਜਹਿ ਬਿਕਾਰ ॥ ਜਿਹ ਘਰੁ ਬਨੁ ਸਮਸਰਿ ਕੀਆ, ਤੇ ਪੂਰੇ ਸੰਸਾਰ ॥੧॥ ਸਾਰ ਸੁਖੁ ਪਾਈਐ ਰਾਮਾ ॥ ਰੰਗਿ ਰਵਹੁ ਆਤਮੈ ਰਾਮ ॥੧॥ਰਹਾਉ॥ ਜਟਾ ਭਸਮ ਲੇਪਨ ਕੀਆ, ਕਹਾ ਗੁਫਾ ਮਹਿ ਬਾਸੁ ॥ ਮਨੁ ਜੀਤੇ ਜਗੁ ਜੀਤਿਆ, ਜਾ ਤੇ ਬਿਖਿਆ ਤੇ ਹੋਇ ਉਦਾਸੁ ॥੨॥੨॥ {ਪੰਨਾ ੧੧੦੩}

ਨੋਟ :—ਬੰਦ ਨੰ: ੨ ਵਿਚ ਕਬੀਰ ਜੀ ਆਖਦੇ ਹਨ 'ਮਨੁ ਜੀਤੇ ਜਗੁ ਜੀਤਿਆ' । ਗੁਰੂ ਨਾਨਕ ਦੇਵ ਜੀ 'ਜਪੁ' ਵਿਚ ਲਿਖਦੇ ਹਨ 'ਮਨਿ ਜੀਤੈ ਜਗੁ ਜੀਤੁ' । ਕਬੀਰ ਜੀ ਕਹਿੰਦੇ ਹਨ ਕਿ ਗ੍ਰਿਹਸਤ ਛੱਡ ਕੇ ਜਟਾ ਭਸਮ ਆਦਿਕ ਵਰਤ ਕੇ ਗੁਫਾ ਵਿਚ ਜਾ ਬੈਠਿਆਂ ਮਾਇਆ ਤੋਂ ਖ਼ਲਾਸੀ ਨਹੀਂ ਹੁੰਦੀ । ਜੇ ਜਗਤ ਨੂੰ ਜਿੱਤਣਾ ਹੈ, ਜੇ ਮਾਇਆ ਉੱਤੇ ਕਾਬੂ ਪਾਣਾ ਹੈ ਤਾਂ ਆਪਣੇ ਮਨ ਨੂੰ ਜਿੱਤੋ । ਸਤਿਗੁਰੂ ਨਾਨਕ ਦੇਵ ਜੀ ਭੀ ਇਸ ਗ਼ਲਤ ਤਿਆਗ ਦਾ ਜ਼ਿਕਰ ਕਰਦੇ ਹੋਏ ਹੀ ਆਖਦੇ ਹਨ ਕਿ ਇਹ ਮੁੰਦ੍ਰਾ, ਝੋਲੀ, ਬਿਭੂਤ ਆਦਿਕ ਕੁਝ ਨਹੀਂ ਸਵਾਰਨਗੇ, ਮਨ ਨੂੰ ਜਿੱਤੋ ।

ਵੇਖੋ, ਇਹ ਲਫ਼ਜ਼ਾਂ ਦੀ ਸਾਂਝ, ਮਜ਼ਮੂਨ ਦੀ ਸਾਂਝ, ਖ਼ਿਆਲਾਂ ਦੀ ਸਾਂਝ ।

(੧੦) ਬਸੰਤੁ ਕਬੀਰ ਜੀ ॥ ਜੋਇ ਖਸਮੁ ਹੈ ਜਾਇਆ ॥ ਪੂਤਿ ਬਾਪੁ ਖੇਲਾਇਆ ॥ ਬਿਨੁ ਸ੍ਰਵਣਾ ਖੀਰੁ ਪਿਲਾਇਆ ॥੧॥ ਦੇਖਉ ਲੋਗਾ ਕਲਿ ਕੋ ਭਾਉ ॥ ਸੁਤਿ ਮੁਕਲਾਈ ਅਪਨੀ ਮਾਉ ॥੧॥ਰਹਾਉ॥ ਪਗਾ ਬਿਨੁ ਹੁਰੀਆ ਮਾਰਤਾ ॥ ਬਦਨੈ ਬਿਨੁ ਖਿਰ ਖਿਰ ਹਾਸਤਾ ॥......॥੩॥੩॥

ਇਸ ਸਾਰੇ ਸ਼ਬਦ ਵਿਚ ਕਬੀਰ ਜੀ ਮਾਇਆ ਦੇ ਪ੍ਰਭਾਵ ਦਾ ਹਾਲ ਦੱਸ ਰਹੇ ਹਨ, ਮਾਇਆ-ਵੇੜ੍ਹੇ ਜੀਵ ਦੀ ਦਸ਼ਾ ਬਿਆਨ ਕਰ ਰਹੇ ਹਨ, ਅਤੇ 'ਕਲਿ ਕੋ

ਭਾਉ' ਲਫ਼ਜ਼ ਵਰਤਦੇ ਹਨ । ਇਹੀ ਲਫ਼ਜ਼ ਗੁਰੂ ਨਾਨਕ ਦੇਵ ਜੀ ਨੇ ਵਰਤੇ ਹਨ ਆਸਾ ਰਾਗ ਦੇ ਇਕ ਸ਼ਬਦ ਵਿਚ, ਜਿੱਥੇ ਆਪ ਮਾਇਆ-ਵੇੜ੍ਹੇ ਜਗਤ ਦੀ ਹਾਲਤ ਦਸਦੇ ਹਨ :—

ਤਾਲ ਮਦੀਰੇ ਘਟ ਕੇ ਘਾਟ ॥ ਦੋਲਕ ਦੁਨੀਆ ਵਾਜੈ ਵਾਜ ॥
ਨਾਰਦੁ ਨਾਚੈ ਕਲਿ ਕਾ ਭਾਉ ॥ ਜਤੀ ਸਤੀ ਕਹ ਰਾਖਹਿ ਪਾਉ ॥੧॥

(੧੧) ਸਾਰੰਗ ਕਬੀਰ ਜੀ ॥ ਰਾਜਾਸ੍ਰਮ ਮਿਤਿ ਨਹੀ ਜਾਨੀ ਤੇਰੀ ॥... ... ...ਨਾਰੀ ਤੇ ਜੋ ਪੁਰਖੁ ਕਰਾਵੈ, ਪੁਰਖਨ ਤੇ ਜੋ ਨਾਰੀ ॥ ਕਹੁ ਕਬੀਰ ਸਾਧੂ ਕੋ ਪ੍ਰੀਤਮੁ, ਤਿਸੁ ਮੂਰਤਿ ਬਲਿਹਾਰੀ ॥੪॥੨॥

ਨੋਟ :—ਨਾਰੀ ਤੋਂ ਪੁਰਖ ਪੈਦਾ ਕਰਨ ਤੇ ਪੁਰਖ ਤੋਂ ਨਾਰੀ ਪੈਦਾ ਕਰਨ ਦਾ ਖ਼ਿਆਲ ਗੁਰੂ ਨਾਨਕ ਦੇਵ ਜੀ ਨੇ ਭੀ ਦੱਸਿਆ ਹੈ । ਸਤਿਗੁਰੂ ਜੀ ਭੀ ਅਕਾਲ ਪੁਰਖ ਦੀ ਅਗਾਧ ਕਥਾ ਹੀ ਬਿਆਨ ਕਰਨ ਸਮੇ ਇਹ ਖ਼ਿਆਲ ਪਰਗਟ ਕਰਦੇ ਹਨ—

ਰਾਮਕਲੀ ਮਹਲਾ ੧ ॥ ਪੁਰਖ ਮਹਿ ਨਾਰਿ, ਨਾਰਿ ਮਹਿ ਪੁਰਖਾ, ਬੂਝਹੁ ਬ੍ਰਹਮ ਗਿਆਨੀ ॥ ਧੁਨਿ ਮਹਿ ਧਿਆਨੁ, ਧਿਆਨ ਮਹਿ ਜਾਨਿਆ, ਗੁਰਮੁਖਿ ਅਕਥ ਕਹਾਨੀ ॥੩॥੯॥

ਇਸ ਉੱਪਰ-ਲਿਖੀ ਵਿਚਾਰ ਨੂੰ ਸਾਹਮਣੇ ਰੱਖ ਕੇ ਸਿੱਖ ਧਰਮ ਦਾ ਕੋਈ ਵਿਰੋਧੀ ਸੱਚਾਈ ਦੀ ਟੇਕ ਉੱਤੇ ਟਿਕ ਕੇ ਇਹ ਦੂਸ਼ਣ ਲਾਣ ਜੋਗਾ ਨਹੀਂ ਹੋ ਸਕਦਾ ਕਿ ਸਤਿਗੁਰੂ ਨਾਨਕ ਦੇਵ ਜੀ ਨੇ ਬਾਣੀ ਲਿਖਣ ਵਾਸਤੇ ਭਗਤ ਕਬੀਰ ਜੀ ਤੋਂ ਕੋਈ ਚੀਜ਼ ਮਾਂਗਵੀਂ ਲੈਣ ਦੀ ਕੋਸ਼ਸ਼ ਕੀਤੀ ਸੀ । ਜਦੋਂ ਅਸੀ ਦੋਹਾਂ ਮਹਾਂ ਪੁਰਖਾਂ ਦੀ ਲਿਖੀ ਬਾਣੀ ਵਲ ਧਿਆਨ ਮਾਰਦੇ ਹਾਂ ਤਾਂ ਇਤਨੇ ਵੱਡੇ ਸਮੁੰਦਰ ਵਿਚ ਇਹ ਯਾਰਾਂ-ਬਾਰਾਂ ਸ਼ਬਦਾਂ ਦੀ ਸਾਂਝ ਨਕਲ ਅਸਲ ਦੇ ਨਤੀਜੇ ਉੱਤੇ ਲੈ ਜਾਣ ਦੇ ਥਾਂ ਸਿਰਫ਼ ਇਹੀ ਅਖਵਾ ਸਕਦੀ ਹੈ ਕਿ ਸਤਿਗੁਰੂ ਨਾਨਕ ਦੇਵ ਜੀ ਭਗਤ ਕਬੀਰ ਜੀ ਦੀ ਬਾਣੀ ਨੂੰ ਆਪਣੇ ਪਾਸ ਸਾਂਭ ਕੇ ਬੜੇ ਪਿਆਰ ਨਾਲ ਪੜ੍ਹਦੇ ਭੀ ਸਨ, ਕਿਉਂਕਿ ਦੋਹਾਂ ਦੇ ਖ਼ਿਆਲ ਮਿਲਦੇ ਸਨ, ਦੋਵੇਂ ਹੀ ਮਹਾਂ ਪੁਰਖ ਉਸ ਵਕਤ ਦੇ ਧਾਰਮਿਕ ਭੁਲੇਖਿਆਂ ਤੇ ਕੁਰੀਤੀਆਂ ਅਤੇ ਵਧੀਕੀਆਂ ਦੇ ਵਿਰੁੱਧ ਇਕੋ ਕਿਸਮ ਦੀ ਅਵਾਜ਼ ਉਠਾ ਰਹੇ ਸਨ ।

ਕਬੀਰ ਜੀ ਦੇ ਕੁੱਲ ਸ਼ਬਦ ੨੨੪ ਹਨ । ਇਸ ਤੋਂ ਇਲਾਵਾ ਉਹਨਾਂ ਦੀਆਂ ਹੇਠ ਲਿਖੀਆਂ ਚਾਰ ਬਾਣੀਆਂ ਹੋਰ ਹਨ—'ਬਾਵਨ ਅੱਖਰੀ', 'ਪੰਦ੍ਰਹ ਥਿਤੀ', 'ਸਤ ਵਾਰ' ਅਤੇ 'ਸ਼ਲੋਕ' । ਸਤਿਗੁਰੂ ਨਾਨਕ ਦੇਵ ਜੀ ਦੀ ਬਾਣੀ ਦਾ ਵੇਰਵਾ ਇਉਂ ਹੈ—

ਸ਼ਬਦ — — — ੨੦੯
ਅਸ਼ਟਪਦੀਆਂ — ੧੨੩
. . . . ਛੰਤ — ੨੫
. . . . ———
. . ਜੋੜ . . . ੩੫੭

ਤਿੰਨ 'ਵਾਰਾਂ' ਵਿਚ ਪਉੜੀਆਂ — ੭੩
ਵਾਰਾਂ ਵਿਚ ਸ਼ਲੋਕ ———— — ੨੨੯
ਸਲੋਕ ਵਾਰਾਂ ਤੇ ਵਧੀਕ ———— ੩੨
. . . . ———
. . . ਸ਼ਲੋਕਾਂ ਦਾ ਜੋੜ ੨੬੧

ਜਿਨ੍ਹਾਂ ਸੱਜਣਾਂ ਨੂੰ ਸਚ-ਮੁਚ ਇਹ ਲੋੜ ਹੈ ਕਿ ਭਗਤ ਕਬੀਰ ਜੀ ਅਤੇ ਗੁਰੂ ਨਾਨਕ ਦੇਵ ਜੀ ਦੀ ਬਾਣੀ ਦਾ ਆਪੋ ਵਿਚ ਸਹੀ ਰਿਸ਼ਤਾ ਮਲੂਮ ਕਰਨ, ਉਹਨਾਂ ਵਾਸਤੇ ਇਹ ਉੱਪਰ-ਲਿਖੇ ਪ੍ਰਮਾਣ ਕਾਫ਼ੀ ਹੋ ਜਾਣੇ ਚਾਹੀਦੇ ਹਨ । ਇਹਨਾਂ ਸ਼ਬਦਾਂ ਬਾਰੇ ਸਿੱਧੀ ਸਾਫ਼ ਗੱਲ ਹੈ ਕਿ ਗੁਰੂ ਨਾਨਕ ਦੇਵ ਜੀ ਪਾਸ ਇਹ ਸ਼ਬਦ ਮੌਜੂਦ ਸਨ ।

ਪਰ ਇਹ ਨਹੀਂ ਹੋ ਸਕਦਾ ਕਿ ਸਤਿਗੁਰੂ ਜੀ ਨੇ ਸਿਰਫ਼ ਇਹੀ ਦਸ-ਬਾਰਾਂ ਸ਼ਬਦ ਲਏ ਹੋਣ । ਇਨਸਾਨੀ ਜ਼ਿੰਦਗੀ ਬਾਰੇ ਕਬੀਰ ਜੀ ਅਤੇ ਸਤਿਗੁਰੂ ਨਾਨਕ ਦੇਵ ਜੀ ਦੇ ਅਸੂਲ ਪੂਰਨ ਤੌਰ ਤੇ ਮਿਲਦੇ ਹਨ ਅਤੇ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਏ ਕਬੀਰ ਜੀ ਦੇ ਸਾਰੇ ਹੀ ਸ਼ਬਦ ਸਤਿਗੁਰੂ ਜੀ ਨੇ ਆਪ ਲਿਆਂਦੇ ਹਨ ਤੇ ਇਸ ਵਕਤ ਤਕ ਆਪਣੇ ਅਸਲ ਰੂਪ ਵਿਚ ਹਨ ।

???????????????????????????????????
ਹੁਣ ਤਕ ਅਸਾਂ ਗੁਰੂ ਨਾਨਕ ਦੇਵ ਜੀ ਅਤੇ ਕਬੀਰ ਜੀ ਦੀ ਬਾਣੀ ਦਾ ਟਾਕਰਾ ਕਰ ਕੇ ਵੇਖਿਆ ਹੈ ਕਿ ਸਤਿਗੁਰੂ ਨਾਨਕ ਦੇਵ ਜੀ ਪਾਸ ਭਗਤ ਜੀ ਦੀ ਬਾਣੀ ਮੌਜੂਦ ਸੀ । ਅਸੀ ਇਹ ਭੀ ਵੇਖ ਆਏ ਹਾਂ ਕਿ ਗੁਰੂ ਨਾਨਕ ਦੇਵ ਜੀ ਦੀ ਸਾਰੀ ਬਾਣੀ ਗੁਰੂ ਅਮਰ ਦਾਸ ਜੀ ਪਾਸ ਅੱਪੜ ਗਈ ਸੀ । ਇਸ ਦੇ ਨਾਲ ਹੀ ਭਗਤ ਕਬੀਰ ਜੀ ਦੀ ਬਾਣੀ ਅੱਪੜਨੀ ਭੀ ਕੁਦਰਤੀ ਗੱਲ ਸੀ । ਇਹ ਗੱਲ ਗੁਰੂ ਅਮਰਦਾਸ ਜੀ ਦੀ ਬਾਣੀ ਵਿਚੋਂ ਭੀ ਪਰਤੱਖ ਸਾਬਤ ਹੋ ਰਹੀ ਹੈ ਕਿ ਉਹਨਾਂ ਪਾਸ ਕਬੀਰ ਜੀ ਦੀ ਬਾਣੀ ਮੌਜੂਦ ਸੀ ।

(੧) ਗੂਜਰੀ ਕੀ ਵਾਰ ਮ: ੩ ਦੀ ਪਉੜੀ ਨੰ: ੪ ਦੇ ਨਾਲ ਕਬੀਰ ਜੀ ਦਾ ਇਕ ਸ਼ਲੋਕ ਦਰਜ ਹੈ । ਇਹ ਸ਼ਲੋਕ ਕਬੀਰ ਜੀ ਦੇ ਸ਼ਲੋਕਾਂ ਵਿਚ ਨੰ: ੫੮, ੫੯ ਦੇ ਅੰਕ ਹੇਠ ਹੈ :—

ਕਬੀਰ ਮੁਕਤਿ ਦੁਆਰਾ ਸੰਕੁੜਾ, ਰਾਈ ਦਸਵੈ ਭਾਇ ॥ ਮਨੁ ਤਉ ਮੈਗਲੁ ਹੋਇ ਰਹਾ, ਨਿਕਸਿਆ ਕਿਉ ਕਰਿ ਜਾਇ ॥ ਐਸਾ ਸਤਿਗੁਰੁ ਜੇ ਮਿਲੈ, ਤੁਠਾ ਕਰੇ ਪਸਾਉ ॥ ਮੁਕਤਿ ਦੁਆਰਾ ਮੋਕਲਾ, ਸਹਜੇ ਆਵਉ ਜਾਉ ॥੧॥੪॥

ਇਸ ਸ਼ਲੋਕ ਦੇ ਨਾਲ ਗੁਰੂ ਅਮਰਦਾਸ ਜੀ ਦਾ ਭੀ ਇਕ ਸ਼ਲੋਕ ਲਿਖਿਆ ਪਿਆ ਹੈ :—

ਨਾਨਕ ਮੁਕਤਿ ਦੁਆਰਾ ਅਤਿ ਨੀਕਾ, ਨਾਨਾ ਹੋਇ ਸੁ ਜਾਇ ॥ ਹਉਮੈ ਮਨੁ ਅਸਥੂਲੁ ਹੈ, ਕਿਉਕਰਿ ਵਿਚੁਦੇ ਜਾਇ ॥ ਸਤਿਗੁਰ ਮਿਲਿਐ ਹਉਮੈ ਗਈ, ਜੋਤਿ ਰਹੀ ਸਭ ਆਇ ॥ ਇਹੁ ਜੀਉ ਸਦਾ ਮੁਕਤੁ ਹੈ, ਸਹਜੇ ਰਹਿਆ ਸਮਾਇ ॥੨॥੪॥

ਸਰਸਰੀ ਨਿਗਾਹੇ ਹੀ ਵੇਖਿਆਂ ਸਾਫ਼ ਪਿਆ ਦਿੱਸਦਾ ਹੈ ਕਿ ਇਹਨਾਂ ਦੋਹਾਂ ਸਲੋਕਾਂ ਵਿਚ ਬਹੁਤ ਕਾਫ਼ੀ ਸਾਂਝ ਹੈ, ਜੋ ਸਬੱਬ ਨਾਲ ਨਹੀਂ ਹੋ ਗਈ । ਗੁਰੂ ਅਮਰਦਾਸ ਜੀ ਕਬੀਰ ਜੀ ਦੇ ਸ਼ਲੋਕ ਦੇ ਪਰਥਾਇ ਹੀ ਇਹ ਸ਼ਲੋਕ ਉਚਾਰ ਰਹੇ ਹਨ ।

(੨) ਸਲੋਕ ਕਬੀਰ ਜੀ—

ਕਬੀਰ ਜੋ ਮੈ ਚਿਤਵਉ ਨਾ ਕਰੈ, ਕਿਆ ਮੇਰੇ ਚਿਤਵੇ ਹੋਇ ॥
ਅਪਨਾ ਚਿਤਵਿਆ ਹਰਿ ਕਰੈ, ਜੋ ਮੇਰੇ ਚਿਤਿ ਨ ਹੋਇ ॥੨੧੯॥

ਇਸ ਦੇ ਨਾਲ ਹੀ ਗੁਰੂ ਅਮਰਦਾਸ ਜੀ ਦਾ ਸ਼ਲੋਕ ਹੈ—

ਮ: ੩ ॥ ਚਿੰਤਾ, ਭਿ ਆਪਿ ਕਰਾਇਸੀ, ਅਚਿੰਤੁ ਭਿ ਆਪੇ ਦੇਇ ॥
ਨਾਨਕ ਸੋ ਸਾਲਾਹੀਐ, ਜਿ ਸਭਨਾ ਸਾਰ ਕਰੇਇ ॥੨੨੦॥

ਇੱਥੇ ਭੀ ਓਪਰੀ-ਨਜ਼ਰੇ ਹੀ ਦਿੱਸ ਰਿਹਾ ਹੈ ਗੁਰੂ ਅਮਰਦਾਸ ਜੀ ਨੇ ਇਹ ਸ਼ਲੋਕ ਕਬੀਰ ਜੀ ਦੇ ਸੰਬੰਧ ਵਿਚ ਉਚਾਰਿਆ ਹੈ ।

(੩) ਬਿਹਾਗੜੇ ਰਾਗ ਦੀ ਵਾਰ ਦੀ ਪਉੜੀ ਨੰ: ੧੭ ਦੇ ਦੋਵੇਂ ਸ਼ਲੋਕ ਵੇਖੋ । ਪਹਿਲਾ ਸ਼ਲੋਕ ਕਬੀਰ ਜੀ ਦਾ ਹੈ :

ਕਬੀਰ ਮਰਤਾ ਮਰਤਾ ਜਗੁ ਮੁਆ, ਮਰਿ ਭਿ ਨ ਜਾਨੈ ਕੋਇ ॥
ਐਸੀ ਮਰਨੀ ਜੋ ਮਰੈ, ਬਹੁਰਿ ਨ ਮਰਨਾ ਹੋਇ ॥੧॥

ਇਸ ਸ਼ਲੋਕ ਦੇ ਨਾਲ ਦੂਜਾ ਸ਼ਲੋਕ ਗੁਰੂ ਅਮਰਦਾਸ ਜੀ ਦਾ ਹੈ—

ਮ: ੩ ॥ ਕਿਆ ਜਾਣਾ ਕਿਵ ਮਰਹਗੇ ਕੈਸਾ ਮਰਣਾ ਹੋਇ ॥ ਜੇਕਰ ਸਾਹਿਬੁ ਮਨਹੁ ਨ ਵੀਸਰੈ ਤਾ ਸਹਲਾ ਮਰਣਾ ਹੋਇ ॥ ਮਰਣੈ ਤੇ ਜਗਤੁ ਡਰੈ, ਜੀਵਿਆ ਲੋੜੈ ਸਭੁ ਕੋਇ ॥ ਗੁਰ ਪਰਸਾਦੀ ਜੀਵਤੁ ਮਰੈ ਹੁਕਮੈ ਬੂਝੈ ਸੋਇ ॥ ਨਾਨਕ ਐਸੀ ਮਰਨੀ ਜੋ ਮਰੇ ਤਾ ਸਦ ਜੀਵਣੁ ਹੋਇ ॥੨॥੧੭॥

'ਐਸੀ ਮਰਨੀ ਜੋ ਮਰੈ'—ਕਬੀਰ ਜੀ

'ਨਾਨਕ ਐਸੀ ਮਰਨੀ ਜੋ ਮਰੇ'—ਗੁਰੂ ਅਮਰਦਾਸ ਜੀ

ਕਬੀਰ ਜੀ ਨੇ 'ਐਸੀ ਮਰਨੀ' ਨੂੰ ਪਹਿਲੀ ਤੁਕ 'ਮਰਿ ਭਿ ਨ ਜਾਨੈ ਕੋਇ' ਵਿਚ ਇਸ਼ਾਰੇ-ਮਾਤ੍ਰ ਹੀ ਦੱਸਿਆ ਹੈ । ਪਰ ਗੁਰੂ ਅਮਰਦਾਸ ਜੀ ਨੇ ਆਪਣੇ ਸ਼ਲੋਕ ਵਿਚ 'ਐਸੀ ਮਰਨੀ' ਦੀ ਖੋਲ੍ਹ ਕੇ ਵਿਆਖਿਆ ਕਰ ਦਿੱਤੀ ਹੈ, ਤੇ ਅਖ਼ੀਰ ਵਿਚ ਕਬੀਰ ਜੀ ਦੀ ਹੀ ਤੁਕ 'ਐਸੀ ਮਰਨੀ ਜੋ ਮਰੈ' ਨੂੰ ਦੁਹਰਾ ਦਿੱਤਾ ਹੈ ।

ਕਬੀਰ ਜੀ ਦੇ 'ਐਸੀ ਮਰਨੀ' ਬਾਰੇ ਖ਼ਿਆਲ ਦੀ ਵਿਆਖਿਆ ਗੁਰੂ ਅਮਰਦਾਸ ਜੀ ਤਦੋਂ ਹੀ ਕਰ ਸਕਦੇ ਸਨ, ਜੇ ਕਬੀਰ ਜੀ ਦੀ ਬਾਣੀ ਉਹਨਾਂ ਪਾਸ ਮੌਜੂਦ ਹੁੰਦੀ ।

(੪) ਰਾਮਕਲੀ ਕੀ ਵਾਰ ਮ: ੩, ਪਉੜੀ ੨ :—

ਸਲੋਕੁ ਕਬੀਰ ਜੀ ॥ ਕਬੀਰ ਮਹਿਦੀ ਕਰਿ ਕੈ ਘਾਲਿਆ, ਆਪੁ ਪੀਸਾਇ ਪੀਸਾਇ ॥ ਤੈ ਸਹ ਬਾਤ ਨ ਪੁਛੀਆ, ਕਬਹੂ ਨ ਲਾਈ ਪਾਇ ॥੧॥

ਮ: ੩ ॥ ਨਾਨਕ ਮਹਿਦੀ ਕਰਿ ਕੈ ਰਖਿਆ, ਸੋ ਸਹੁ ਨਦਰਿ ਕਰੇ ॥ ਆਪੇ ਪੀਸੈ ਆਪੇ ਘਸੈ, ਆਪੇ ਹੀ ਲਾਇ ਲਏਇ ॥ ਇਹੁ ਪਿਰਮ ਪਿਆਲਾ ਖਸਮ ਕਾ, ਜੈ ਭਾਵੈ ਤੈ ਦੇਇ ॥

ਇਹਨਾਂ ਦੋਹਾਂ ਸ਼ਲੋਕਾਂ ਦੀ ਸਾਂਝ ਕਿਸੇ ਟੀਕਾ-ਟਿਪਣੀ ਦੀ ਮੁਥਾਜ ਨਹੀਂ ਹੈ ਤੇ ਇਹ ਸਾਂਝ ਤਦੋਂ ਹੀ ਬਣ ਸਕੀ, ਜੇ ਗੁਰੂ ਅਮਰਦਾਸ ਜੀ ਪਾਸ ਕਬੀਰ ਜੀ ਦੀ ਬਾਣੀ ਮੌਜੂਦ ਸੀ ।

ਇਕ ਹੋਰ ਸਾਂਝ—

ਹੁਣ ਤਕ ਅਸਾਂ ਸਤਿਗੁਰੂ ਜੀ ਅਤੇ ਕਬੀਰ ਜੀ ਦੀ ਬਾਣੀ ਦਾ ਪਰਸਪਰ ਟਾਕਰਾ ਕਰ ਕੇ ਇਹ ਵੇਖਿਆ ਹੈ ਕਿ ਸ਼ਬਦਾਂ ਵਿਚ ਕਈ ਤੁਕਾਂ ਸਾਂਝੀਆਂ ਹਨ, ਕਈ ਲਫ਼ਜ਼ ਤੇ ਖ਼ਿਆਲ ਸਾਂਝੇ ਹਨ । ਇਤਨੀ ਸਾਂਝ ਹੈ ਜਿਸ ਤੋਂ ਨਿਰਸੰਦੇਹ ਅਸੀ ਇਸ ਨਤੀਜੇ ਤੇ ਅੱਪੜ ਗਏ ਹਾਂ ਕਿ ਕਬੀਰ ਜੀ ਦੀ ਬਾਣੀ ਗੁਰੂ ਨਾਨਕ ਸਾਹਿਬ ਪਾਸ ਮੌਜੂਦ ਸੀ । ਹੁਣ ਅਸੀ ਇਕ ਹੋਰ ਅਜੀਬ ਸਾਂਝ ਪਾਠਕਾਂ ਦੇ ਸਾਹਮਣੇ ਪੇਸ਼ ਕਰਦੇ ਹਾਂ ।

ਲਫ਼ਜ਼ 'ਤ੍ਰਿਕੁਟੀ' ਹਠ-ਜੋਗੀਆਂ ਵਿਚ ਵਰਤਿਆ ਜਾਂਦਾ ਹੈ । ਕਬੀਰ ਜੀ ਤੋਂ ਪਹਿਲਾਂ ਦੁਨੀਆ ਦੇ ਲੋਕ ਦੱਸਦੇ ਸਨ ਕਿ 'ਤ੍ਰਿਕਟੀ' ਮਨੁੱਖ ਦੇ ਮੱਥੇ ਵਿਚ ਉਸ ਥਾਂ ਹੈ ਜਿੱਥੇ ਇੜਾ, ਪਿੰਗਲਾ, ਸੁਖਮਨਾ ਨਾੜੀਆਂ ਦਾ ਮੇਲ ਹੁੰਦਾ ਹੈ । ਲਫ਼ਜ਼ 'ਤ੍ਰਿਕੁਟੀ' ਦੋ ਲਫ਼ਜ਼ਾਂ 'ਤ੍ਰਿ' ਅਤੇ 'ਕੁਟੀ' ਤੋਂ ਬਣਿਆ ਹੈ । 'ਕੁਟੀ' ਦਾ ਅਰਥ ਹੈ 'ਵਿੰਗੀ ਲਕੀਰ' । ਤ੍ਰਿਕੁਟੀ—ਤਿੰਨ ਵਿੰਗੀਆਂ ਲਕੀਰਾਂ (ਜੋ ਮਨੁੱਖ ਦੇ ਮੱਥੇ ਉੱਤੇ ਪੈ ਜਾਂਦੀਆਂ ਹਨ) । ਮਨੁੱਖ ਦੇ ਮੱਥੇ ਤੇ ਦੋਹਾਂ ਭਰਵੱਟਿਆਂ ਦੇ ਵਿਚਕਾਰ ਜਿਹੇ ਨੱਕ ਤੋਂ ਉਤਾਂਹ, ਜੋ ਥਾਂ ਹੈ, ਉੱਥੇ ਇਹ ਤਿੰਨੇ ਨਾੜੀਆਂ—ਇੜਾ, ਪਿੰਗਲਾ ਤੇ ਸੁਖਮਨਾ ਮਿਲਦੀਆਂ ਮੰਨੀਆਂ ਜਾਂਦੀਆਂ ਹਨ । ਮੱਥੇ ਉੱਤੇ ਤਿੰਨ ਵਿੰਗੀਆਂ ਲਕੀਰਾਂ ਭੀ ਇੱਥੇ ਹੀ ਬਣਦੀਆਂ ਹਨ । ਇੜਾ ਉਹ ਨਾੜੀ ਹੈ ਜਿਸ ਦੇ ਆਸਰੇ ਮਨੁੱਖ ਦੀ ਖੱਬੀ ਨਾਸ ਚੱਲਦੀ ਹੈ । ਪਿੰਗਲਾ ਉਹ ਨਾੜੀ ਹੈ ਜਿਸ ਦੇ ਆਸਰੇ ਸੱਜੀ ਨਾਸ ਚੱਲਦੀ ਹੈ । ਦੋਵੇਂ ਨਾੜੀਆਂ ਸੁਖਮਨਾ ਨਾੜੀ ਵਿਚ ਮਿਲਦੀਆਂ ਹਨ । ਉਸ ਥਾਂ ਦਾ ਨਾਮ 'ਤ੍ਰਿਕੁਟੀ' ਰੱਖਿਆ ਗਿਆ ਹੈ । ਕਬੀਰ ਜੀ ਨੇ ਇਹ ਲਫ਼ਜ਼ ਆਪਣੀ ਬਾਣੀ ਵਿਚ ਤਿੰਨ ਵਾਰੀ ਵਰਤਿਆ ਹੈ, ਪਰ ਉਸ ਭਾਵ ਵਿਚ ਨਹੀਂ ਜਿਸ ਵਿਚ ਹਠ-ਜੋਗੀਆਂ ਨੇ । ਗੁਰੂ ਗ੍ਰੰਥ ਸਾਹਿਬ ਦੀ ਸਾਰੀ ਬਾਣੀ ਵਿਚ ਇਹ ਲਫ਼ਜ਼ ੧੧ ਵਾਰੀ ਵਰਤਿਆ ਮਿਲਦਾ ਹੈ । ਇਸ ਦਾ ਅਰਥ ਹਰ ਥਾਂ ਇੱਕੋ ਹੀ ਹੈ । ਪਰ, ਉਹ ਅਰਥ ਨਹੀਂ, ਜੋ ਹਠ-ਜੋਗ ਵਿਚ ਹੈ । ਲਫ਼ਜ਼ 'ਤ੍ਰਿਕੁਟੀ' ਦੀ ਵਰਤੋਂ ਦਾ ਵੇਰਵਾ ਇਉਂ ਹੈ :—

ਕਬੀਰ ਜੀ ——————੩ ਵਾਰੀ
ਗੁਰੂ ਨਾਨਕ ਦੇਵ ਜੀ — ੨ ਵਾਰੀ
ਗੁਰੂ ਅਮਰਦਾਸ ਜੀ — ੨ ਵਾਰੀ
ਗੁਰੂ ਰਾਮਦਾਸ ਜੀ — ੧ ਵਾਰੀ
ਗੁਰੂ ਅਰਜਨ ਸਾਹਿਬ — ੩ ਵਾਰੀ
. . . . ————
. . . ਜੋੜ ੧੧

ਇਸ ਲਫ਼ਜ਼ ਦਾ ਭਾਵ ਸਮਝਣ ਵਾਸਤੇ ਸਾਰੇ ਹੀ ਪ੍ਰਮਾਣ ਹੇਠ ਦਿੱਤੇ ਜਾਂਦੇ ਹਨ :—

(ੳ) ਕਬੀਰ ਜੀ—

੧. ਬ੍ਰਿਹਸਪਤਿ ਬਿਖਿਆ ਦੇਇ ਬਹਾਇ ॥ ਤੀਨਿ ਦੇਵ ਏਕ ਸੰਗਿ ਲਾਇ ॥
. . ਤਿਨਿ ਨਦੀ ਤਹ ਤ੍ਰਿਕੁਟੀ ਮਾਹਿ ॥ ਅਹਿਨਿਸਿ ਕਸਮਲ ਧੋਵਹਿ ਨਾਹਿ ॥ {ਗਉੜੀ ਵਾਰ ਸਤ

ਭਾਵ :—ਉਸ ਤ੍ਰਿਕੁਟੀ ਵਾਲੀ ਹਾਲਤ ਵਿਚ (='ਤਹ ਤ੍ਰਿਕੁਟੀ ਮਾਹਿ') ਮਾਇਆ ਦੇ ਤਿੰਨ ਗੁਣਾਂ ਦੀਆਂ ਤਿੰਨ ਨਦੀਆਂ (ਤੀਨਿ ਨਦੀ) ਚੱਲ ਰਹੀਆਂ ਹਨ ।

੨. ਬੋਲਹੁ ਭਈਆ ਰਾਮ ਕੀ ਦੁਹਾਈ ॥ ਪੀਵਹੁ ਸੰਤ ਸਦਾ ਮਤਿ ਦੁਰਲਭ,
. . ਸਹਜੇ ਪਿਆਸ ਬੁਝਾਈ ॥੧॥ਰਹਾਉ॥ ... ...
. . ਨਗਰੀ ਏਕੈ ਨਉ ਦਰਵਾਜੇ, ਧਾਵਤੁ ਬਰਜਿ ਰਹਾਈ ॥
. . ਤ੍ਰਿਕੁਟੀ ਛੂਟੈ ਦਸਵਾ ਦਰੁ ਖੂਲੈ, ਤਾ ਮਨੁ ਖੀਵਾ ਭਾਈ ॥੩॥੩॥ {ਕੇਦਾਰਾ ਕਬੀਰ ਜੀ

ਭਾਵ :—'ਰਾਮ ਕੀ ਦੁਹਾਈ' ਬੋਲਿਆਂ, ਪ੍ਰਭੂ ਦੀ ਸ਼ਰਨ ਪਿਆਂ, ਤ੍ਰਿਕੁਟੀ ਛੁੱਟ ਜਾਂਦੀ ਹੈ, ਦਸਵਾਂ ਦਰ ਖੁਲ੍ਹ ਜਾਂਦਾ ਹੈ, ਤੇ ਮਨ ਖੀਵਾ ਹੋ ਜਾਂਦਾ ਹੈ ।

੩. ਜਨਮ ਮਰਨ ਕਾ ਭ੍ਰਮੁ ਗਇਆ, ਗੋਬਿਦ ਲਿਵ ਲਾਗੀ ॥
. . ਜੀਵਤ ਸੁੰਨ ਸਮਾਨਿਆ, ਗੁਰ ਸਾਖੀ ਜਾਗੀ ॥੧॥ਰਹਾਉ॥...
. . ਤ੍ਰਿਕੁਟੀ ਸੰਧਿ ਮੈ ਪੇਖਿਆ, ਘਟ ਹੂ ਘਟ ਜਾਗੀ ॥
. . ਐਸੀ ਬੁਧਿ ਸਮਾਚਰੀ, ਘਟ ਮਾਹਿ ਤਿਆਗੀ ॥੨॥੧੧॥ {ਬਿਲਾਵਲ ਕਬੀਰ ਜੀ

ਭਾਵ :—ਜਦੋਂ 'ਗੁਰ ਸਾਖੀ ਜਾਗੀ', ਤਦੋਂ 'ਤ੍ਰਿਕੁਟੀ ਸੰਧਿ ਮੈ ਪੇਖਿਆ ਘਟ ਹੂ ਘਟਿ ਜਾਗੀ' ॥

ਸਾਰੀਆਂ ਤੁਕਾਂ ਦਾ ਅਰਥ :—ਮੇਰੇ ਅੰਦਰ ਸਤਿਗੁਰੂ ਦੀ ਸਿੱਖਿਆ ਨਾਲ (ਐਸੀ ਬੁੱਧ) ਜਾਗ ਪਈ ਹੈ ਕਿ ਮੇਰੀ ਜਨਮ ਮਰਨ ਦੀ ਭਟਕਣਾ ਮੁੱਕ ਗਈ ਹੈ, ਪ੍ਰਭੂ-ਚਰਨਾਂ ਵਿਚ ਮੇਰੀ ਸੁਰਤ ਜੁੜ ਗਈ ਹੈ, ਤੇ ਮੈਂ ਜਗਤ ਵਿਚ ਵਿਚਰਦਾ ਹੋਇਆ ਹੀ ਉਸ ਹਾਲਤ ਵਿਚ ਟਿਕਿਆ ਰਹਿੰਦਾ ਹਾਂ ਜਿੱਥੇ ਮਾਇਆ ਦੇ ਫੁਰਨੇ ਨਹੀਂ ਉਠਦੇ ।੧।ਰਹਾਉ। ... ...

(ਸਤਿਗੁਰੂ ਦੀ ਸਿੱਖਿਆ ਨਾਲ ਬੁੱਧ ਜਾਗਣ ਤੇ) ਮੈਂ ਤ੍ਰਿਕੁਟੀ ਵਿੰਨ੍ਹ ਲਈ ਹੈ, ਹੁਣ ਮੈਨੂੰ ਹਰੇਕ ਘਟ ਵਿਚ ਪ੍ਰਭੂ ਦੀ ਜੋਤ ਜਗਦੀ ਦਿੱਸ ਰਹੀ ਹੈ । ਮੇਰੇ ਅੰਦਰ ਐਸੀ ਮੱਤ ਪੈਦਾ ਹੋ ਗਈ ਹੈ ਕਿ ਮੈਂ ਅੰਦਰੋਂ ਵਿਰਕਤ ਹੋ ਗਿਆ ਹਾਂ ।੨।

(ਅ) ਗੁਰੂ ਨਾਨਕ ਦੇਵ ਜੀ :—

੧. ਤ੍ਰਿਬਿਧਿ ਕਰਮ ਕਮਾਈਅਹਿ, ਆਸਾ ਅੰਦੇਸਾ ਹੋਇ ॥
. . ਕਿਉ ਗੁਰ ਬਿਨੁ ਤ੍ਰਿਕੁਟੀ ਛੁਟਸੀ, ਸਹਜਿ ਮਿਲਿਐ ਸੁਖੁ ਹੋਇ ॥
. . ਨਿਜ ਘਰਿ ਮਹਲੁ ਪਛਾਣੀਐ, ਨਦਰਿ ਕਰੇ ਮਲੁ ਧੋਇ ॥੩॥੧॥ {ਸਿਰੀ ਰਾਗ

੨. ਨਿਧਿ ਸਿਧਿ ਨਿਰਮਲ ਨਾਮੁ ਬੀਚਾਰੁ ॥ ਪੂਰਨੁ ਪੂਰਿ ਰਹਿਆ ਬਿਖੁ ਮਾਰਿ ॥

. . ਤ੍ਰਿਕੁਟੀ ਛੂਟੀ ਬਿਮਲ ਮਝਾਰਿ ॥ ਗੁਰ ਕੀ ਮਤਿ ਜੀਇ ਆਈ ਕਾਰਿ ॥੧॥੧॥ {ਗਉੜੀ ਅਸਟਪਦੀਆ

ਭਾਵ :—(੧) ਗੁਰੂ ਤੋਂ ਬਿਨਾ ਤ੍ਰਿਕੁਟੀ ਨਹੀਂ ਛੁੱਟਦੀ । (੨) ਜਦੋਂ ਗੁਰੂ ਦੀ ਮੱਤ ਕਾਰੀ ਆਵੇ, ਤਾਂ ਬਿਮਲ ਪ੍ਰਭੂ ਵਿਚ ਲੀਨ ਹੋਇਆਂ ਤ੍ਰਿਕੁਟੀ ਛੁੱਟਦੀ ਹੈ ।

(ੲ) ਗੁਰੂ ਅਮਰਦਾਸ ਜੀ :—

੧. ਤ੍ਰੈਗੁਣ ਸਭਾ ਧਾਤੁ ਹੈ, ਦੂਜਾ ਭਾਉ ਵਿਕਾਰੁ ॥ ਪੰਡਿਤੁ ਪੜੈ ਬੰਧਨ ਮੋਹ ਬਾਧਾ, ਨਹ ਬੂਝੈ ਬਿਖਿਆ ਪਿਆਰਿ ॥
. ਸਤਿਗੁਰਿ ਮਿਲਿਐ ਤ੍ਰਿਕੁਟੀ ਛੂਟੈ, ਚਉਥੈ ਪਦਿ ਮੁਕਤਿ ਦੁਆਰੁ ॥੨॥੧੮॥੫੧॥ {ਸਿਰੀ ਰਾਗ

੨. ਤ੍ਰੈ ਗੁਣ ਅਚੇਤ ਨਾਮੁ ਚੇਤਹਿ ਨਾਹੀ, ਬਿਨੁ ਨਾਵੈ ਬਿਨਸਿ ਜਾਈ ॥੧੫॥
. . ਬ੍ਰਹਮਾ ਬਿਸਨੁ ਮਹੇਸੁ ਤ੍ਰੈ ਮੂਰਤਿ, ਤ੍ਰਿਗੁਣਿ ਭਰਮਿ ਭੁਲਾਈ ॥੧੬॥
. . ਗੁਰ ਪਰਸਾਦੀ ਤ੍ਰਿਕੁਟੀ ਛੂਟੈ, ਚਉਥੈ ਪਦਿ ਲਿਵ ਲਾਈ ॥੧੭॥੨॥ {ਰਾਮਕਲੀ ਅਸਟਪਦੀਆ

(ਸ) ਗੁਰੂ ਰਾਮਦਾਸ ਜੀ :—

੧. ਹਰਿ ਕੀਰਤਿ ਗੁਰਮਤਿ ਜਸੁ ਗਾਇਓ, ਮਨਿ ਉਘਰੈ ਕਪਟ ਕਪਾਟ ॥
. . ਤ੍ਰਿਕੁਟੀ ਫੋਰਿ ਭਰਮੁ ਭਉ ਭਾਗਾ, ਲਜੁ ਭਾਨੀ ਮਟੁਕੀ ਮਾਟ ॥੩॥੬॥ {ਮਾਲੀ ਗਉੜਾ

(ਹ) ਗੁਰੂ ਅਰਜਨ ਸਾਹਿਬ :—

ਜੀਵਤ ਮੁਏ ਮੁਏ ਸੇ ਜੀਵੇ ॥
. . ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ, ਗੁਰ ਸਬਦੀ ਰਸੁ ਅੰਮ੍ਰਿਤੁ ਪੀਵੈ ॥ਰਹਾਉ ॥...
. . ਕਾਚੀ ਮਟੁਕੀ ਬਿਨਸਿ ਬਿਨਾਸਾ ॥ ਜਿਸੁ ਛੂਟੈ ਤ੍ਰਿਕੁਟੀ, ਤਿਸੁ ਨਿਜ ਘਰਿ ਵਾਸਾ ॥੨॥੧੩॥ {ਆਸਾ

੨. ਜਿਉ ਕਾਜਰ ਭਰਿ ਮੰਦਰੁ ਰਾਖਿਓ, ਜੋ ਪੈਸੇ ਕਾਲੂਖੀ ਰੇ ॥
. . ਦੂਰਹੁ ਹੀ ਤੇ ਭਾਗਿ ਗਇਓ ਹੈ, ਜਿਸੁ ਗੁਰ ਮਿਲਿ ਛੁਟਕੀ ਤ੍ਰਿਕੁਟੀ ਰੇ ॥੧॥੪॥੩੭॥ {ਆਸਾ

ਨੋਟ :—ਇਸ ਲਫ਼ਜ਼ 'ਤ੍ਰਿਕੁਟੀ' ਦਾ ਅਰਥ ਗੁਰੂ ਅਰਜਨ ਸਾਹਿਬ ਆਪ ਹੀ ਸਪੱਸ਼ਟ ਕਰਦੇ ਹਨ :—

੩. ਮਾਥੈ ਤ੍ਰਿਕੁਟੀ ਦ੍ਰਿਸਟਿ ਕਰੂਰਿ ॥ ਬੋਲੈ ਕਉੜਾ ਜਿਹਬਾ ਕੀ ਫੂੜਿ ॥
. . ਸਦਾ ਭੂਖੀ ਪਿਰੁ ਜਾਨੈ ਦੂਰਿ ॥੧॥
. . ਐਸੀ ਇਸਤ੍ਰੀ ਇਕ ਰਾਮਿ ਉਪਾਈ ॥
. . ਉਨਿ ਸਭੁ ਜਗੁ ਖਾਇਆ, ਹਮ ਗੁਰਿ ਰਾਖੇ ਮੇਰੇ ਭਾਈ ॥੧॥ਰਹਾਉ॥

ਨੋਟ :—ਇਸ ਅਖ਼ੀਰਲੇ ਪ੍ਰਮਾਣ ਨੂੰ ਪੜ੍ਹ ਕੇ ਹੁਣ ਕੋਈ ਸ਼ੱਕ ਨਹੀਂ ਰਹਿ ਜਾਂਦਾ ਕਿ ਲਫ਼ਜ਼ 'ਤ੍ਰਿਕੁਟੀ' ਦਾ ਅਰਥ ਹੈ 'ਤ੍ਰਿਊੜੀ' । ਤੇ, ਇਹ ਮਿਟਦੀ ਹੈ ਗੁਰੂ ਦੀ ਸ਼ਰਨ ਪਿਆਂ । ਸਾਰੇ ਬਾਰਾਂ ਦੇ ਬਾਰਾਂ ਹੀ ਪ੍ਰਮਾਣ ਗਹੁ ਨਾਲ ਪੜ੍ਹ ਵੇਖੋ, ਹਰੇਕ ਵਿਚ ਇਹੀ ਅਰਥ ਢੁਕਦਾ ਹੈ । ਜਿਵੇਂ ਸੰਸਕ੍ਰਿਤ ਲਫ਼ਜ਼ 'ਨਿਕਟਿ' ਤੋਂ ਪ੍ਰਾਕ੍ਰਿਤ ਤੇ ਪੰਜਾਬੀ ਲਫ਼ਜ਼ 'ਨੇੜੇ' ਹੈ; ਜਿਵੇਂ ਲਫ਼ਜ਼ 'ਕਟਕ' ਤੋਂ ਹੈ 'ਕੜਾ', ਤਿਵੇਂ ਲਫ਼ਜ਼ 'ਤ੍ਰਿਕੁਟੀ' ਦਾ ਬਦਲਿਆ ਹੋਇਆ ਪ੍ਰਾਕ੍ਰਿਤ ਤੇ ਪੰਜਾਬੀ ਰੂਪ ਹੈ 'ਤ੍ਰਿਊੜੀ', ਤਿੰਨ ਵਿੰਗੀਆਂ ਲਕੀਰਾਂ, ਜੋ ਮੱਥੇ ਉੱਤੇ ਤਦੋਂ ਪੈਂਦੀਆਂ ਹਨ ਜਦੋਂ ਮਨੁੱਖ ਦੇ ਅੰਦਰ ਖਿੱਝ ਹੋਵੇ । ਸੰਸਕ੍ਰਿਤ ਦਾ ਅੱਖਰ 'ਟ' ਪਾਕ੍ਰਿਤ ਅਤੇ ਪੰਜਾਬੀ ਵਿਚ ਅੱਖਰ 'ੜ' ਬਣ ਗਿਆ ਹੈ । ਅਤੇ ਵਿਅੰਜਨ 'ਕ' ਤੋਂ ਸ੍ਵਰ 'ਅ' । ਨਿਕਟਿ—ਨਿਅੜਿ, ਨੇੜੇ । ਕਟਕ—ਕੜਅ, ਕੜਾ । ਤ੍ਰਿਕੁਟੀ—ਤ੍ਰਿ ਉੜੀ, ਤ੍ਰਿਊੜੀ । ਸੋ, 'ਤ੍ਰਿਕੁਟੀ ਛੁਟਦੀ ਹੈ' ਭਾਵ ਹੈ 'ਖਿੱਝ ਦੂਰ ਹੁੰਦੀ ਹੈ' ।

ਕਬੀਰ ਜੀ ਤੋਂ ਲੈ ਕੇ ਗੁਰੂ ਅਰਜਨ ਸਾਹਿਬ ਤਕ ਹਰੇਕ ਨੇ ਲਫ਼ਜ਼ 'ਤ੍ਰਿਕੁਟੀ' ਦਾ ਇੱਕੋ ਹੀ ਭਾਵ ਦੱਸਿਆ ਹੈ, ਤੇ, ਉਸ ਦਾ ਇਲਾਜ ਭੀ ਇੱਕੋ ਹੀ ਦਸਿਆ ਹੈ । ਇਹ ਇਕ ਅਜੀਬ ਹੀ ਸੁਆਦਲੀ ਘਟਨਾ ਹੈ ਕਿ ਕਬੀਰ ਜੀ ਦਾ ਲਫ਼ਜ਼ "ਤ੍ਰਿਕੁਟੀ" ਦਾ ਦਿੱਤਾ ਹੋਇਆ ਨਵਾਂ ਅਰਥ ਗੁਰੂ ਨਾਨਕ ਸਾਹਿਬ ਨੂੰ ਭੀ ਮਲੂਮ ਸੀ, ਤੇ, ਉਹਨਾਂ ਤੋਂ ਪਿਛੋਂ ਗੁਰੂ ਅਮਰਦਾਸ ਜੀ ਤੇ ਗੁਰੂ ਰਾਮਦਾਸ ਜੀ ਨੂੰ ਭੀ । ਅਜਿਹੀਆਂ ਗੱਲਾਂ ਸਬੱਬ ਨਾਲ ਨਹੀਂ ਬਣਦੀਆਂ । ਕਬੀਰ ਜੀ ਦੇ ਕੁਝ ਸ਼ਬਦ ਅਸੀ ਉੱਪਰ ਦੇ ਆਏ ਹਾਂ, ਜਿਨ੍ਹਾਂ ਤੋਂ ਸਾਫ਼ ਸਾਬਤ ਹੋ ਗਿਆ ਹੈ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੇ ਕਈ ਸ਼ਬਦ ਕਬੀਰ ਜੀ ਦੇ ਸ਼ਬਦਾਂ ਦੇ ਪਰਥਾਏ ਉਚਾਰੇ ਹਨ । ਇਸ 'ਤ੍ਰਿਕੁਟੀ' ਲਫ਼ਜ਼ ਦਾ ਨਵਾਂ ਖ਼ਿਆਲ ਭੀ ਸਤਿਗੁਰੂ ਜੀ ਨੇ ਕਬੀਰ ਜੀ ਤੋਂ ਹੀ ਲਿਆ ਹੈ । ਪਰ, ਜੇ ਗੁਰੂ ਨਾਨਕ ਦੇਵ ਜੀ ਦੀ ਸਾਰੀ ਬਾਣੀ ਗੁਰੂ ਅੰਗਦ ਦੇਵ ਜੀ ਦੀ ਰਾਹੀਂ ਗੁਰੂ ਅਮਰਦਾਸ ਜੀ ਪਾਸ ਨਾ ਆਈ ਹੁੰਦੀ, ਤੇ ਇਹਨਾਂ ਨੂੰ ਉਹਨਾਂ ਦੀ ਬਾਣੀ ਪੜ੍ਹਨ ਦਾ ਪੂਰਾ ਅੱਭਿਆਸ ਨਾ ਹੁੰਦਾ, ਤਾਂ ਗੁਰੂ ਅਮਰਦਾਸ ਜੀ ਲਫ਼ਜ਼ 'ਤ੍ਰਿਕੁਟੀ' ਵਾਲਾ ਨਵਾਂ ਖ਼ਿਆਲ ਹੂ-ਬ-ਹੂ ਉਹਨਾਂ ਵਾਂਗ ਹੀ ਨਾ ਦੁਹਰਾਉਂਦੇ ।

ਇਸ ਸਾਰੀ ਵਿਚਾਰ ਦੇ ਸਾਹਮਣੇ ਹੁਣ ਇਹ ਗੱਲ ਪੱਕੀ ਹੋ ਗਈ ਹੈ ਕਿ ਕਬੀਰ ਜੀ ਦੀ ਬਾਣੀ ਸਤਿਗੁਰੂ ਨਾਨਕ ਦੇਵ ਜੀ ਨੇ ਆਪ ਲਿਆਂਦੀ ਸੀ ।

ਗੁਰੂ

ਜੈਸੇ ਅਹਿ ਅਗਨਿ ਕਉ ਬਾਲਕੁ ਬਿਲੋਕਿ ਧਾਵੈ, ਗਹਿ ਗਹਿ ਰਾਖੈ ਮਾਤਾ, ਸੁਤੁ ਬਿਲਲਾਤ ਹੈ ॥
ਬ੍ਰਿਥਾਵੰਤੁ ਜੰਤੁ ਜੈਸੇ ਚਾਹਤ ਅਖਾਦਿ ਖਾਦਿ, ਜਤਨ ਕੈ, ਵੈਦੁ ਜੁਗਵਤ, ਨ ਸੁਹਾਤ ਹੈ ॥
ਜੈਸੇ ਪੰਥਾਪੰਥੁ ਨਾਹਿ ਬੂਝਤ ਬਿਬੇਕ ਅੰਧੁ, ਕਰੁ ਗਹੈ, ਅਟਪਟੀ ਚਾਲ ਚਲਿਓ ਜਾਤ ਹੈ ॥

ਕਾਮਨਾ ਕਰਤ ਤੈਸੇ ਕਨਕ ਔ ਕਾਮਿਨੀ ਕੀ, ਰਾਖੈ ਨਿਰਲੇਪੁ ਗੁਰੁ ਸਿੱਖੁ ਅਕੁਲਾਤ ਹੈ ॥੩੬੯॥ {ਭਾਈ ਗੁਰਦਾਸ ਜੀ

ਪਦ ਅਰਥ :—ਅਹਿ—ਸੱਪ । ਕਉ—ਨੂੰ । ਬਿਲੋਕਿ—ਵੇਖ ਕੇ । ਧਾਵੈ—ਦੌੜਦਾ ਹੈ । ਗਹਿ—ਫੜ ਕੇ । ਸੁਤੁ—ਪੁੱਤਰ ।

ਬ੍ਰਿਥਾਵੰਤੁ—ਰੋਗੀ । ਚਾਹਤ ਖਾਦਿ—ਖਾਣੀ ਚਾਹੁੰਦਾ ਹੈ । ਅਖਾਦਿ—ਨਾਹ ਖਾਣ ਵਾਲੀ ਚੀਜ਼ । ਜਤਨ ਕੈ—ਜਤਨ ਨਾਲ । ਜੁਗਵਤ—ਰੋਕਦਾ ਹੈ ।

ਪੰਥਾਪੰਥੁ—ਪੰਥ-ਅਪੰਥੁ, ਚੰਗਾ ਮੰਦਾ ਰਸਤਾ । ਕਰੁ—ਹੱਥ । ਗਹੈ—ਫੜੇ ।

ਕਾਮਨਾ—ਲਾਲਸਾ । ਕਨਕ—ਸੋਨਾ । ਕਾਮਿਨੀ—ਇਸਤ੍ਰੀ । ਅਕੁਲਾਤ ਹੈ—ਕਾਹਲਾ ਪੈਂਦਾ ਹੈ ।

ਭਗਤ ਕਬੀਰ ਜੀ ਅਤੇ ਹਠ-ਜੋਗ

ਜੀਵਨ ਅਗਵਾਈ ਦਾ ਵਸੀਲਾ—

ਜੋ ਭੀ ਪ੍ਰਾਣ-ਧਾਰੀ ਜਗਤ ਵਿਚ ਆਇਆ ਹੈ (ਵੱਡੇ ਮਹਾਂਪੁਰਖ ਤੋਂ ਲੈ ਕੇ ਸਾਧਾਰਨ ਸਜਿੰਦ ਜੀਵ ਤਕ) ਕੋਈ ਭੀ ਇਸ ਸਰੀਰਕ ਜਾਮੇ ਵਿਚ ਸਦਾ ਇੱਥੇ ਨਹੀਂ ਰਹਿ ਸਕਿਆ । ਇਹ ਕੁਦਰਤੀ ਨਿਯਮ ਧੁਰ ਤੋਂ ਤੁਰਿਆ ਆ ਰਿਹਾ ਹੈ । ਇਸ ਜਗਤ-ਰੰਗ-ਭੂਮੀ ਵਿਚ ਹਰੇਕ ਪਾਤ੍ਰ ਆਪੋ ਆਪਣੀ ਜ਼ਿੰਮੇਵਾਰੀ ਨਿਭਾ ਕੇ ਆਉਣ ਵਾਲੀਆਂ ਨਸਲਾਂ ਲਈ ਥਾਂ ਖ਼ਾਲੀ ਕਰ ਗਿਆ ਹੈ । ਅਸਾਡੀ ਇਹ ਧਰਤੀ ਸਾਇੰਸਵੇਤਾ ਲੋਕਾਂ ਦੇ ਅੰਦਾਜ਼ੇ ਅਨੁਸਾਰ ਦੋ ਅਰਬ ਸਾਲ ਤੋਂ ਬਣੀ ਹੈ, ਇੱਥੇ ਇਤਨੇ ਲੰਮੇ ਸਮੇ ਵਿਚ ਬੇਅੰਤ ਹੀ ਆਏ ਤੇ ਚਲੇ ਗਏ । ਪਰ ਮਹਾਂ ਪੁਰਖਾਂ ਦੇ ਪਾਏ ਹੋਏ ਪੂਰਨੇ ਉਹਨਾਂ ਦੀ ਆਪਣੀ ਪਵਿੱਤਰ ਬਾਣੀ ਅਤੇ ਉਹਨਾਂ ਦੇ ਜੀਵਨ-ਇਤਿਹਾਸ ਰਹਿੰਦੀ ਦੁਨੀਆ ਤਕ ਕਿਸੇ ਨ ਕਿਸੇ ਸ਼ਕਲ ਵਿਚ ਟਿਕੇ ਰਹਿਣਗੇ ਤੇ ਧਰਤੀ ਦੇ ਬੰਦਿਆਂ ਨੂੰ ਚਾਨਣ-ਮੁਨਾਰਿਆਂ ਦਾ ਕੰਮ ਦੇਣਗੇ । ਜੋ ਜੋ ਸੁਭਾਗ ਮਨੁੱਖ ਆਪਣੇ ਇਸ਼ਟ ਗੁਰੂ ਪੈਗ਼ੰਬਰ ਦੇ ਪਵਿੱਤਰ ਬਚਨਾਂ ਉੱਤੇ ਸ਼ਰਧਾ ਲਿਆ ਕੇ ਉਹਨਾਂ ਦੇ ਪਾਏ ਪੂਰਨਿਆਂ ਉੱਤੇ ਤੁਰਨ ਦੀ ਕੋਸ਼ਸ਼ ਕਰਦੇ ਹਨ, ਉਹ ਇਸ ਜੀਵਨ-ਸਫ਼ਰ ਵਿਚ ਔਝੜੇ ਪੈਣੋਂ ਬਚ ਜਾਂਦੇ ਹਨ । ਜਿਵੇਂ ਹਿੰਦੂ, ਮੁਸਲਮਾਨ, ਈਸਾਈ ਆਦਿਕ ਕੌਮਾਂ ਪਾਸ ਵੇਦ, ਕੁਰਾਨ ਅੰਜੀਲ ਆਦਿਕ ਧਰਮ-ਪੁਸਤਕ ਹਨ ਜੋ ਉਹਨਾਂ ਲੋਕਾਂ ਦੀ ਅਗਵਾਈ ਕਰ ਰਹੇ ਹਨ, ਤਿਵੇਂ ਸਿੱਖ ਕੌਮ ਪਾਸ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਹੈ, ਜੋ ਸਿੱਖ ਦੇ ਜੀਵਨ ਦੀ ਅਗਵਾਈ ਕਰ ਸਕਦੀ ਹੈ ।

ਸ੍ਰੀ ਗੁਰੂ ਗ੍ਰੰਥ ਸਾਹਿਬ—

ਪਰ ਗੁਰੂ ਗ੍ਰੰਥ ਸਾਹਿਬ ਦੀ ਬੀੜ ਵਿਚ ਸਿਰਫ਼ ਗੁਰੂ ਸਾਹਿਬਾਨ ਦੀ ਹੀ ਬਾਣੀ ਨਹੀਂ ਹੈ । ਇਸ ਵਿਚ ਕਈ ਭਗਤਾਂ ਦੀ ਭੀ ਬਾਣੀ ਹੈ, ਤੇ ਇਸ ਸਮੁੱਚੇ ਸੰਗ੍ਰਹਿ ਦਾ ਨਾਮ ਗੁਰੂ ਗ੍ਰੰਥ ਸਾਹਿਬ ਹੈ । ਜਦੋਂ ਅਸੀ ਇਸ ਪਵਿੱਤਰ ਬਾਣੀ ਦੇ ਸੰਗ੍ਰਹਿ ਨੂੰ ਸਿਰ ਨਿਵਾਂਦੇ ਹਾਂ, ਤਾਂ ਸਾਨੂੰ ਇਹ ਖ਼ਿਆਲ ਕਦੇ ਭੀ ਨਹੀਂ ਆਇਆ, ਤੇ ਨਾ ਹੀ ਆਉਣਾ ਚਾਹੀਦਾ ਹੈ ਕਿ ਅਸੀ ਸਿਰਫ਼ ਉਸ ਬਾਣੀ ਨੂੰ ਸਿਰ ਨਿਵਾਂਦੇ ਹਾਂ ਜੋ ਸਤਿਗੁਰੂ ਜੀ ਦੀ ਆਪਣੀ ਹੀ ਹੈ । ਅਸੀ ਇਸ ਸਾਰੀ ਹੀ ਬੀੜ ਦਾ ਸਤਿਕਾਰ ਕਰਦੇ ਹਾਂ, ਸਾਰੀ ਨੂੰ ਹੀ ਸਮੁੱਚੇ ਤੌਰ ਤੇ "ਗੁਰੂ" ਆਖਦੇ ਹਾਂ । ਜਦੋਂ ਅਸਾਡੇ ਦੀਨ-ਦੁਨੀਆ ਦੇ ਪਾਤਿਸ਼ਾਹ ਸਤਿਗੁਰੂ ਜੀ ਨੇ ਆਪਣੇ ਹੀ ਤਖ਼ਤ ਉੱਤੇ ਆਪਣੇ ਹੀ ਨਾਲ ਇਹਨਾਂ ਸੁਭਾਗ ਭਗਤਾਂ ਨੂੰ ਬਿਠਾਲ ਲਿਆ, ਤਾਂ ਸਿਰ ਨਿਵਾਉਣ ਵੇਲੇ ਸਿੱਖ ਦਾ ਸਿਰ, ਬਿਨਾ ਕਿਸੇ ਵਿਤਕਰੇ ਦੇ, ਬਿਨਾ ਕਿਸੇ ਵੰਡ ਦੇ, ਇਹਨਾਂ ਸਾਰੇ ਮਹਾਂ ਪੁਰਖਾਂ ਦੇ ਇਕੱਠੇ-ਮਿਲਵੇਂ ਤੇ ਸਾਂਝੇ ਆਤਮਕ-ਸਰੂਪ ਅੱਗੇ ਝੁਕਦਾ ਹੈ ।

ਸਾਡੇ ਭੁਲੇਖੇ—

ਪਰ ਇਹਨਾਂ ਭਗਤਾਂ ਬਾਰੇ ਹਿੰਦੂ ਕੌਮ ਵਿਚ ਤੇ ਕਈ ਭੁਲੇਖਿਆਂ ਕਰਕੇ ਸਿੱਖਾਂ ਵਿਚ ਭੀ ਅਜੀਬ ਸ਼ਰਧਾ-ਹੀਣ ਤੇ ਹਾਸੋ-ਹੀਣ ਸਾਖੀਆਂ ਤੁਰੀਆਂ ਆ ਰਹੀਆਂ ਹਨ । ਭਗਤ ਨਾਮਦੇਵ ਨੂੰ ਬੀਠੁਲ-ਮੂਰਤੀ ਦਾ ਪੁਜਾਰੀ ਦੱਸਿਆ ਜਾ ਰਿਹਾ ਹੈ, ਭਗਤ ਕਬੀਰ ਨੂੰ ਹਠ-ਜੋਗੀ ਤੇ ਪ੍ਰਾਣਾਯਾਮੀ ਕਿਹਾ ਜਾਂਦਾ ਹੈ । ਜੇ ਇਹਨਾਂ ਦੀ ਬਾਣੀ ਗੁਰੂ ਗ੍ਰੰਥ ਸਾਹਿਬ ਵਿਚ ਨਾ ਦਰਜ ਹੋਈ ਹੁੰਦੀ, ਤਾਂ ਲੋਕਾਂ ਦੇ ਇਹਨਾਂ ਬਣੇ-ਖ਼ਿਆਲਾਂ ਦੀ ਪੜਚੋਲ ਕਰਨ ਦੀ ਅਸਾਨੂੰ ਕੋਈ ਲੋੜ ਨਹੀਂ ਸੀ । ਪਰ ਹੈਰਾਨੀ ਤਾਂ ਇਹ ਹੈ ਕਿ ਗੁਰੂ ਗ੍ਰੰਥ ਸਾਹਿਬ ਵਿਚ ਇਹਨਾਂ ਭਗਤਾਂ ਦੀ ਦਰਜ ਹੋਈ ਬਾਣੀ ਵਿਚੋਂ ਹੀ ਹਵਾਲੇ ਦੇ ਦੇ ਕੇ ਸਿੱਖ ਵਿਦਵਾਨ ਹੀ ਇਹ ਸਾਬਤ ਕਰ ਰਹੇ ਹਨ ਕਿ ਇਹ ਭਗਤ ਕਿਸੇ ਸਮੇ ਮੂਰਤੀ-ਪੂਜਾ ਜਾਂ ਹਠ-ਜੋਗੀ ਰਹੇ ਹਨ ।

ਇਹ ਉੱਘੇ ਵਿਦਵਾਨ ਸੱਜਣ ਜੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦਾ ਟੀਕਾ ਕਰਦੇ ਹੋਏ ਇਉਂ ਲਿਖਦੇ ਹਨ—"ਹਠ-ਜੋਗ ਦੁਆਰਾ ਰਾਜ-ਜੋਗ ਵਿਚ ਪੁੱਜਣਾ ਜਾਂ ਮੂਰਤੀਆਂ ਦੁਆਰਾ ਧਿਆਨ ਪਕਾ ਕੇ ਫਿਰ ਨਿਰਾਕਾਰ ਵਿਚ ਜਾਣਾ ਇਹ ਗ਼ਲਤ ਤਰੀਕੇ ਨਹੀਂ, ਪਰ ਹਨ ਖ਼ਤਰਿਆਂ ਦੇ ਭਰੇ ਹੋਏ । ਕਈ ਹਠ-ਯੋਗ ਤਕ ਹੀ ਰਹਿ ਗਏ । ਕਈ ਮੂਰਤੀ-ਪੂਜ ਹੋ ਗਏ । ਇਸ ਲਈ ਕੀਰਤਨ ਤੇ ਸਿਮਰਨ ਦੁਆਰਾ ਸਿੱਧਾ ਪੁੱਜ ਪੈਣਾ ਡਾਢਾ ਸੌਖਾ ਤੇ ਨਿਰੋਲ ਰਸਤਾ ਹੈ ।

"ਗੁਰੂ ਜੀ ਨੇ ਇਹ ਦੱਸਣ ਲਈ ਕਿ ਉਸ ਤਰੀਕੇ ਦੁਆਰਾ ਐਨੀ ਪ੍ਰਪੱਕਤਾ ਨੂੰ ਪੁੱਜਿਆ ਹੋਇਆ ਨਾਮਦੇਉ ਸਿਮਰਨ ਦੀ ਸ਼ਲਾਘਾ ਕਰਦਾ ਹੈ, ਉਹਨਾਂ ਦੀ ਪਹਿਲੀ ਅਵਸਥਾ ਦੀ ਸਿੱਧੀ ਦੇ ਸ਼ਬਦ ਭੀ ਦੇ ਦਿੱਤੇ ਹਨ, ਤਾਂ ਜੁ ਇੱਕ ਉਸ ਸੱਜਣ ਦੀ ਉਗਾਹੀ ਹੋ ਜਾਏ ਜਿਹਨੇ ਦੋਨੋਂ ਰਾਹ ਚੰਗੀ ਤਰ੍ਹਾਂ ਗਾਹੇ ਹਨ । ਕਬੀਰ ਜੀ ਦੇ ਹਠ-ਜੋਗ ਦੇ ਸ਼ਬਦ ਭੀ ਇਸੇ ਲਈ ਰੱਖੇ ਹਨ ।"

ਇਹਨਾਂ ਦੇ ਦਿੱਤੇ ਖ਼ਿਆਲ ਅਨੁਸਾਰ—

(੧) ਗੁਰੂ ਸਾਹਿਬ ਦੇ ਨੁਕਤਾ-ਨਿਗਾਹ ਤੋਂ ਜੋਗ-ਅੱਭਿਆਸ ਤੇ ਮੂਰਤੀ-ਪੂਜਾ ਆਤਮਕ ਜੀਵਨ ਵਿਚ ਗ਼ਲਤ ਉੱਦਮ ਨਹੀਂ ਹਨ ।

(੨) ਗੁਰੂ ਗ੍ਰੰਥ ਸਾਹਿਬ ਵਿਚ ਭਗਤ ਨਾਮਦੇਵ ਜੀ ਦੇ ਉਹ ਸ਼ਬਦ ਭੀ ਦਰਜ ਹਨ, ਜੋ ਮੂਰਤੀ-ਪੂਜਾ ਦੇ ਹੱਕ ਵਿੱਚ ਹਨ ।

(੩) ਇਹ ਸ਼ਬਦ ਇਸ ਵਾਸਤੇ ਦਰਜ ਕੀਤੇ ਗਏ ਹਨ ਕਿ 'ਸਿਮਰਨ' ਨੂੰ 'ਮੂਰਤੀ-ਪੂਜਾ' ਨਾਲੋਂ ਉੱਚਾ ਤੇ ਚੰਗਾ ਤਰੀਕਾ ਸਾਬਤ ਕਰਨ ਲਈ ਇਕ ਪੱਕੀ ਗਵਾਹੀ ਦਿੱਤੀ ਜਾ ਸਕੇ ।

(੪) ਕਬੀਰ ਜੀ ਦੀ ਬਾਣੀ ਵਿਚ ਉਹ ਸ਼ਬਦ ਭੀ ਦਰਜ ਹਨ, ਜੋ ਹਠ-ਜੋਗ ਦੇ ਹੱਕ ਵਿਚ ਹਨ ।

ਜੋਗ-ਸਾਧਨ ਮੂਰਤੀ-ਪੂਜਾ ਅਤੇ ਗੁਰਮਤਿ—

ਗੁਰੂ ਅਰਜਨ ਦੇਵ ਜੀ ਫ਼ੁਰਮਾਉਂਦੇ ਹਨ—

ਪਿਆਰੇ ਇਨ ਬਿਧਿ ਮਿਲਣੁ ਨ ਜਾਈ, ਮੈ ਕੀਏ ਕਰਮ ਅਨੇਕਾ ॥ ਹਾਰਿ ਪਰਿਓ ਸੁਆਮੀ ਕੈ ਦੁਆਰੈ, ਦੀਜੈ ਬੁਧਿ ਬਿਬੇਕਾ ॥੧॥ਰਹਾਉ॥... ਪੂਜਾ ਅਰਚਾ ਬੰਦਨ ਡੰਡਉਤ, ਖਟੁ ਕਰਮਾ ਰਤੁ ਰਹਤਾ ॥ ਹਉ ਹਉ ਕਰਤ ਬੰਧਨ ਮਹਿ ਪਰਿਆ, ਨਹ ਮਿਲੀਐ ਇਹ ਜੁਗਤਾ ॥੫॥ ਜੋਗ ਸਿਧ ਆਸਣ ਚਉਰਾਸੀਹ, ਏ ਭੀ ਕਰਿ ਕਰਿ ਰਹਿਆ ॥ ਵਡੀ ਆਰਜਾ ਫਿਰਿ ਫਿਰਿ ਜਨਮੈ, ਹਰਿ ਸਿਉ ਸੰਗੁ ਨ ਗਹਿਆ ॥੬॥ {ਪੰਨਾ ੬੪੨} {ਸੋਰਠਿ ਮਹਲਾ ੫ ਅਸਟਪਦੀ

ਸਾਫ਼ ਲਿਖਿਆ ਹੈ ਕਿ ਮੂਰਤੀ-ਪੂਜਾ ਅਤੇ ਜੋਗ ਅੱਭਿਆਸ ਆਦਿਕ ਤਰੀਕਿਆਂ ਨਾਲ ਪਰਮਾਤਮਾ ਨਹੀਂ ਮਿਲ ਸਕਦਾ ।

ਫਿਰ ਅਗਾਂਹ ਸੂਹੀ ਰਾਗ ਵਿਚ ਲਿਖਦੇ ਹਨ—

ਘਰ ਮਹਿ ਠਾਕੁਰੁ ਨਦਰਿ ਨ ਆਵੈ ॥ ਗਲ ਮਹਿ ਪਾਹਣੁ ਲੈ ਲਟਕਾਵੈ ॥੧॥... ਜਿਸੁ ਪਾਹਣ ਕਉ ਠਾਕੁਰੁ ਕਹਤਾ ॥ ਓਹੁ ਪਾਹਣੁ ਲੈ ਉਸ ਕਉ ਡੁਬਤਾ ॥੨॥ ਗੁਨਹਗਾਰ ਲੂਣ ਹਰਾਮੀ ॥ ਪਾਹਣ ਨਾਵ ਨ ਪਾਰ ਗਿਰਾਮੀ ॥੩॥੩॥੯॥ {ਪੰਨਾ ੭੩੮} {ਸੂਹੀ ਮਹਲਾ ੫

ਇੱਥੇ ਭੀ ਸਾਫ਼ ਲਫ਼ਜ਼ਾਂ ਵਿਚ ਸਤਿਗੁਰੂ ਜੀ ਨੇ ਮੂਰਤੀ-ਪੂਜਾ ਨੂੰ ਗ਼ਲਤ ਰਸਤਾ ਦੱਸਿਆ ਹੈ ।

ਸਾਡੀ ਆਪਣੀ ਹੀ ਮਿੱਥ—

ਸਾਰੇ ਗੁਰੂ ਗ੍ਰੰਥ ਸਾਹਿਬ ਵਿਚ ਸਤਿਗੁਰੂ ਜੀ ਵਲੋਂ ਕਿਤੇ ਭੀ ਅਜੇਹੇ ਲਫ਼ਜ਼ ਲਿਖੇ ਨਹੀਂ ਮਿਲਦੇ, ਜਿੱਥੇ ਉਹਨਾਂ ਆਖਿਆ ਹੋਵੇ ਕਿ ਫ਼ਲਾਣੇ ਭਗਤ ਦੇ ਫ਼ਲਾਣੇ ਸ਼ਬਦ ਮੂਰਤੀ-ਪੂਜਾ ਦੇ ਹੱਕ ਵਿਚ ਹਨ । ਫਿਰ ਜੇ ਗੁਰੂ ਗ੍ਰੰਥ ਸਾਹਿਬ ਵਿਚ ਕੱਚੀ ਬਾਣੀ ਭੀ ਦਰਜ ਹੈ ਤਾਂ ਇਸ ਨੂੰ ਸਮੁੱਚੇ ਤੌਰ ਤੇ "ਗੁਰੂ" ਦਾ ਦਰਜਾ ਕਿਵੇਂ ਮਿਲ ਸਕਦਾ ਹੈ?

ਇਹ ਭੀ ਬੜੀ ਕਮਜ਼ੋਰ ਦਲੀਲ ਹੈ ਕਿ ਭਗਤਾਂ ਦੇ ਅੱਨ-ਪੂਜਾ ਤੇ ਅੱਨ-ਮਾਰਗ ਦੇ ਸ਼ਬਦ ਇਸ ਲਈ ਦਰਜ ਕੀਤੇ ਗਏ ਹਨ ਕਿ ਅੱਨ-ਪੂਜਾ ਦੇ ਵਿਰੁੱਧ ਇਹਨਾਂ ਭਗਤਾਂ ਦੀ ਗਵਾਹੀ ਬੜੀ ਪੱਕੀ ਸਮਝੀ ਜਾਇਗੀ, ਕਿਉਂਕਿ ਇਹਨਾਂ ਨੇ ਦੋਵੇਂ ਰਾਹ ਚੰਗੀ ਤਰ੍ਹਾਂ ਗਾਹੇ ਸਨ । ਜੇ ਸਤਿਗੁਰੂ ਜੀ ਕੱਚੇ ਰਸਤੇ ਦੀ ਇਹ ਪੱਕੀ ਗਵਾਹੀ ਦਰਜ ਨਾ ਕਰ ਜਾਂਦੇ, ਤਾਂ ਕੀ ਸਿੱਖਾਂ ਨੂੰ ਉਹਨਾਂ ਉੱਤੇ ਇਤਬਾਰ ਨਹੀਂ ਬੱਝਣਾ ਸੀ? ਜਦੋਂ ਸਤਿਗੁਰੂ ਨਾਨਕ ਦੇਵ ਜੀ ਪਹਿਲੀ 'ਉਦਾਸੀ' ਸਮੇ ਬਨਾਰਸ ਗਏ ਸਨ, ਤਾਂ 'ਸਾਲਗਰਾਮ' ਦੀ ਪੂਜਾ ਦੀ ਨਿਖੇਧੀ ਤਾਂ ਉਹਨਾਂ ਉੱਥੇ ਹੀ ਕਰ ਦਿੱਤੀ ਸੀ । ਪਹਿਲੀ 'ਉਦਾਸੀ' ਅਜੇ ਸ਼ੁਰੂ ਹੀ ਹੋਈ ਸੀ । ਇਹ ਜ਼ਿਕਰ ਹੈ ਸੰਨ ੧੫੦੭-੦੮ ਦਾ । ਕੀ ਸਤਿਗੁਰੂ ਜੀ ਦੇ ਨਾਮ-ਲੇਵਾ ਸਿੱਖਾਂ ਨੂੰ ਆਪਣੇ ਗੁਰੂ ਦੇ ਉਸ ਮਹਾਂ ਵਾਕ ਉੱਤੇ ਭਰੋਸਾ ਨ ਬੱਝਾ ਹੋਵੇਗਾ? ਜਗਨਨਾਥ ਪੁਰੀ ਜਾ ਕੇ ਭੀ ਉਹਨਾਂ ਕਿਸੇ ਮੂਰਤੀ ਦੀ ਆਰਤੀ ਦੇ ਥਾਂ ਸਾਰੀ ਕੁਦਰਤ ਵਿਚ ਵੱਸ ਰਹੇ ਕਰਤਾਰ ਦੀ ਆਰਤੀ ਦੱਸੀ ਸੀ ।

ਕਬੀਰ ਜੀ ਦੇ ਸ਼ਬਦਾਂ ਵਿਚ ਹਠ-ਜੋਗ—

ਇਹ ਗੱਲ ਭੀ ਉੱਕੀ ਨਿਰ-ਮੂਲ ਹੈ ਕਿ ਕਬੀਰ ਜੀ ਦੇ ਕੁਝ ਸ਼ਬਦ ਹਠ-ਜੋਗ ਦੇ ਹੱਕ ਵਿਚ ਹਨ, ਜਾਂ ਕਬੀਰ ਜੀ ਨੇ ਪ੍ਰਭੂ-ਪ੍ਰਾਪਤੀ ਦਾ ਰਸਤਾ ਹਠ-ਜੋਗ ਤੋਂ ਲੱਭਾ ਸੀ । ਭਗਤ ਰਵਿਦਾਸ ਜੀ ਕਬੀਰ ਜੀ ਦੇ ਸਮਕਾਲੀ ਹੋਏ ਹਨ, ਤੇ ਦੋਵੇਂ ਇੱਕੋ ਹੀ ਸ਼ਹਿਰ (ਬਨਾਰਸ) ਦੇ ਰਹਿਣ ਵਾਲੇ ਸਨ । ਰਵਿਦਾਸ ਜੀ ਸਾਫ਼ ਲਿਖਦੇ ਹਨ :

ਹਰਿ ਹਰਿ ਹਰਿ ਹਰਿ ਹਰਿ ਹਰਿ ਹਰੇ ॥ ਹਰਿ ਸਿਮਰਤ ਜਨ ਗਏ ਨਿਸਤਰਿ ਤਰੇ ॥੧॥ਰਹਾਉ॥
ਹਰਿ ਕੇ ਨਾਮ ਕਬੀਰ ਉਜਾਗਰ ॥ ਜਨਮ ਜਨਮ ਕੇ ਕਾਟੇ ਕਾਗਰ ॥੧॥

ਭਾਵ : ਕਬੀਰ ਜੀ ਨੇ 'ਸਿਮਰਨ' ਤੋਂ ਪ੍ਰਾਪਤੀ ਕੀਤੀ ।

ਇਸ ਵਿਚ ਕੋਈ ਸ਼ੱਕ ਨਹੀਂ ਕਿ ਕਬੀਰ ਜੀ ਦੇ ਕਈ ਸ਼ਬਦਾਂ ਵਿਚ ਹਠ-ਜੋਗ ਦੇ ਸਾਧਨਾਂ ਦਾ ਜ਼ਿਕਰ ਆਉਂਦਾ ਹੈ, ਪਰ ਉਹ ਹਠ-ਜੋਗ ਦੇ ਹੱਕ ਵਿਚ ਨਹੀਂ, ਸਗੋਂ ਨਿਖੇਧੀ ਵਾਸਤੇ ਹਨ । ਜੇ ਹਠ-ਜੋਗ ਦੇ ਸਾਧਨਾਂ ਦਾ ਜ਼ਿਕਰ ਕਰਨਾ ਹੀ ਉਸ ਦੇ ਹੱਕ ਵਿਚ ਸਮਝਿਆ ਜਾਣਾ ਹੈ, ਤਾਂ ਸਤਿਗੁਰੂ ਨਾਨਕ ਦੇਵ ਜੀ ਦੀ ਤਾਂ ਕਿਤਨੀ ਹੀ ਬਾਣੀ ਹਠ-ਜੋਗੀਆਂ ਬਾਰੇ ਹੈ । 'ਸਿਧ-ਗੋਸਟਿ' ਵਿਚ ਤਾਂ ਜ਼ਿਕਰ ਹੀ ਇਹਨਾਂ ਜੋਗੀਆਂ ਦਾ ਹੀ ਹੈ । ਪਰ ਸਤਿਗੁਰੂ ਜੀ ਕਦੇ ਭੀ ਹਠ-ਜੋਗੀ ਨਹੀਂ ਰਹੇ ।

ਹਠ-ਜੋਗ ਬਾਰੇ ਕਬੀਰ ਜੀ ਦੇ ਖ਼ਿਆਲ—

ਕਬੀਰ ਜੀ ਦੇ ਸਾਰੇ ੨੨੪ ਸ਼ਬਦਾਂ ਵਿਚ ਤਕਰੀਬਨ ੨੬ ਸ਼ਬਦ ਐਸੇ ਹਨ ਜਿਨ੍ਹਾਂ ਵਿਚ ਕਬੀਰ ਜੀ ਨੇ 'ਜੋਗ' ਦਾ ਜ਼ਿਕਰ ਕੀਤਾ ਹੈ । ਜੇ ਇਹਨਾਂ ਸ਼ਬਦਾਂ ਨੂੰ ਗਹੁ ਨਾਲ ਪੜ੍ਹੀਏ, ਤਾਂ ਹਠ-ਜੋਗ ਬਾਰੇ ਕਬੀਰ ਜੀ ਦੇ ਖ਼ਿਆਲ ਇਉਂ ਮਿਲਦੇ ਹਨ :—

(੧) ਪ੍ਰਭੂ ਦਾ ਨਾਮ ਸਿਮਰਨਾ ਹੀ ਜੋਗ ਦਾ ਚੰਗਾ ਆਹਰ ਹੈ ਤੇ ਇਹ ਨਾਮ ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ (ਆਸਾ, ੭) । ਸੁਆਸ ਸੁਆਸ ਨਾਮ ਜਪਣਾ ਹੀ ਸੁਖਮਨਾ ਨਾੜੀ ਦਾ ਅੱਭਿਆਸ ਹੈ (ਗੁਉੜੀ, ੧੮) । ਸਿਮਰਨ ਦੇ ਅਨੰਦ ਦੇ ਟਾਕਰੇ ਤੇ ਪ੍ਰਾਣਾਯਾਮ ਆਦਿਕ ਸਾਧਨ ਹੋਛੇ ਜਿਹੇ ਕੰਮ ਹਨ (ਗਉੜੀ, ੫੨) ।

(੨) ਜੋਗ, ਜਤ, ਤਪ, ਸੰਨਿਆਸ, ਤੀਰਥ ਆਦਿਕ—ਇਹ ਸਾਰੇ ਸਾਧਨ ਕਰਦਿਆਂ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ (ਆਸਾ, ੫) । ਨੰਗੇ ਰਹਿ

ਕੇ ਜੰਗਲਾਂ ਵਿਚ ਭੌਣਾ, ਸਿਰ ਮੁਨਾ ਕੇ ਫ਼ਕੀਰ ਬਣ ਜਾਣਾ, ਬਾਲ-ਜਤੀ ਬਣੇ ਰਹਿਣਾ—ਅਜਿਹਾ ਕੋਈ ਸਾਧਨ ਮਨੁੱਖ ਨੂੰ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਕਰ ਸਕਦਾ (ਗਉੜੀ, ੪) । ਕੋਈ ਜੋਗੀ ਹੋਵੇ, ਸਰੇਵੜਾ ਹੋਵੇ, ਸੰਨਿਆਸੀ ਹੋਵੇ, ਪੰਡਿਤ ਹੋਵੇ—ਜੋ ਮਨੁੱਖ ਬੰਦਗੀ ਨਹੀਂ ਕਰਦਾ, ਉਸ ਦੀ ਹਉਮੈ ਦੂਰ ਨਹੀਂ ਹੁੰਦੀ (ਗਉੜੀ, ੫੧) । ਜੋਗ-ਅੱਭਿਆਸ ਤੇ ਪ੍ਰਾਣਾਯਾਮ ਆਤਮਕ ਜੀਵਨ ਦੇ ਰਾਹ ਵਿਚ ਕਪਟ ਹੀ ਹਨ, ਇਹ ਮਾਇਆ ਦੀ ਖ਼ਾਤਰ ਡਿੰਭ ਹੀ ਹੈ (ਬਿਲਾਵਲੁ, ੮) ।

(੩) ਜੋਗੀ ਲੋਕ ਸ਼ਰਾਬ ਵਿਚ ਗੁੱਟ ਹੋ ਕੇ ਇੜਾ, ਪਿੰਗਲਾ, ਸੁਖਮਨਾ ਵਾਲਾ ਅੱਭਿਆਸ ਕਰਦੇ ਹਨ । ਕਬੀਰ ਜੀ ਇਸ ਹੋਛੇ ਨਸ਼ੇ ਤੋਂ ਵਰਜਦੇ ਹਨ ਤੇ ਆਖਦੇ ਹਨ ਕਿ ਮੈਂ ਪਰਮਾਤਮਾ ਦੇ 'ਨਾਮ ਮਹਾਂ ਰਸ' ਦੀ ਇਕ ਬੂੰਦ ਦੇ ਵੱਟੇ ਜਪ, ਤਪ, ਤੀਰਥ, ਵਰਤ, ਇੜਾ, ਪਿੰਗਲਾ, ਸੁਖਮਨਾ ਦਾ ਅੱਭਿਆਸ—ਸਭ ਕੁਝ ਕੁਰਬਾਨ ਕਰਨ ਨੂੰ ਤਿਆਰ ਹਾਂ (ਰਾਮਕਲੀ, ੧, ੨) ।

ਉਹਨਾਂ ੨੬ ਸ਼ਬਦਾਂ ਬਾਰੇ—

ਉਂਵ ਤਾਂ ਭਗਤ-ਬਾਣੀ ਦੇ ਟੀਕੇ ਵਿਚ ਜਿੱਥੇ ਕਿਤੇ ਲੋੜ ਪਈ ਹੈ, ਹਠ-ਜੋਗ ਨਾਲ ਸੰਬੰਧ ਰੱਖਣ ਵਾਲੇ ਸਾਰੇ ਸ਼ਬਦਾਂ ਵਿਚ ਕਿਸੇ ਪੈਂਦੇ ਭੁਲੇਖੇ ਨੂੰ ਚੰਗੀ ਤਰ੍ਹਾਂ ਸਾਫ਼ ਕਰਨ ਦੀ ਕੋਸ਼ਸ਼ ਕੀਤੀ ਗਈ ਹੈ; ਪਰ ਇਸ ਖ਼ਿਆਲ ਨਾਲ ਕਿ ਉਹਨਾਂ ਸਾਰੇ ਸ਼ਬਦਾਂ ਨੂੰ ਇੱਕੋ ਵੇਲੇ ਸਾਹਮਣੇ ਰੱਖ ਕੇ ਵਧੀਕ ਚੰਗੀ ਤਰ੍ਹਾਂ ਸਾਰੀ ਗੱਲ ਦਾ ਨਿਰਨਾ ਕੀਤਾ ਜਾ ਸਕੇ, ਇੱਥੇ ਉਹਨਾਂ ਸਾਰੇ ਹੀ ਸ਼ਬਦਾਂ ਵਿਚੋਂ ਲੋੜ ਅਨੁਸਾਰ ਹਵਾਲੇ ਦਿੱਤੇ ਜਾਂਦੇ ਹਨ, ਤਾ ਕਿ ਪਾਠਕ ਸੱਜਣ ਆਪ ਤਸੱਲੀ ਕਰ ਲੈਣ ਕਿ ਗੁਰੂ ਗ੍ਰੰਥ ਸਾਹਿਬ ਵਿਚ ਕਬੀਰ ਜੀ ਦਾ ਕੋਈ ਭੀ ਸ਼ਬਦ ਹਠ-ਜੋਗ ਦੇ ਹੱਕ ਵਿਚ ਨਹੀਂ ਹੈ ।

(੧) ਬਸੰਤ—੨

ਸਭ ਮਦ ਮਾਤੇ ਕੋਊ ਨ ਜਾਗ ॥ ਸੰਗ ਹੀ ਚੋਰ ਘਰੁ ਮੁਸਨ ਲਾਗ ॥੧॥ਰਹਾਉ॥

ਅਰਥ :—ਸਭ ਜੀਵ (ਕਿਸੇ ਨਾ ਕਿਸੇ ਵਿਕਾਰ ਵਿਚ) ਮੱਤੇ ਪਏ ਹਨ, ਕੋਈ ਜਾਗਦਾ ਨਹੀਂ (ਦਿੱਸਦਾ); ਤੇ ਇਹਨਾਂ ਜੀਵਾਂ ਦੇ ਅੰਦਰੋਂ ਹੀ (ਉੱਠ ਕੇ, ਕਾਮਾਦਿਕ) ਚੋਰ ਇਹਨਾਂ ਦਾ (ਹਿਰਦਾ-ਰੂਪ) ਘਰ ਲੁੱਟ ਰਹੇ ਹਨ ।੧।ਰਹਾਉ।

ਪੰਡਿਤ ਜਨ ਮਾਤੇ ਪੜ੍ਹਿ ਪੁਰਾਨ ॥ ਜੋਗੀ ਮਾਤੇ ਜੋਗ ਧਿਆਨ ॥੧॥

ਅਰਥ :—ਪੰਡਿਤ ਲੋਕ ਪੁਰਾਣ (ਆਦਿਕ ਧਰਮ-ਪੁਸਤਕਾਂ) ਪੜ੍ਹ ਕੇ ਹੰਕਾਰੇ ਹੋਏ ਹਨ; ਜੋਗੀ ਜੋਗ-ਸਾਧਨਾਂ ਦੇ ਮਾਣ ਵਿਚ ਮੱਤੇ ਹੋਏ ਹਨ ।

ਇਸੁ ਦੇਹੀ ਕੇ ਅਧਿਕ ਕਾਮ ॥ ਕਹਿ ਕਬੀਰ ਭਜਿ ਰਾਮ ਨਾਮ ॥

ਅਰਥ :—ਕਬੀਰ ਆਖਦਾ ਹੈ—ਹੇ ਭਾਈ! ਪ੍ਰਭੂ ਦਾ ਨਾਮ ਸਿਮਰ (ਕੇ ਸੁਚੇਤ ਰਹੁ, ਇਹ ਸਿਮਰਨ) ਜੀਵ ਦੇ ਬਹੁਤ ਕੰਮ ਆਉਂਦਾ ਹੈ ।

ਨੋਟ :—ਇਸ ਸ਼ਬਦ ਵਿਚ ਕਬੀਰ ਜੀ ਜੋਗ-ਸਾਧਨਾਂ ਨੂੰ ਨਾਮ-ਸਿਮਰਨ ਤੋਂ ਨੀਵਾਂ ਦੱਸ ਰਹੇ ਹਨ ।

(੨) ਗਉੜੀ—੩੪

ਨਾ ਮੈ ਜੋਗ ਧਿਆਨ ਚਿਤੁ ਲਾਇਆ ॥ ਬਿਨੁ ਬੈਰਾਗ ਨ ਛੂਟਸਿ ਮਾਇਆ ॥੧॥
ਅਰਥ :—ਮੈਂ ਤਾਂ ਜੋਗ (ਦੇ ਦੱਸੇ) ਧਿਆਨ (ਭਾਵ, ਸਮਾਧੀਆਂ) ਦਾ ਗਹੁ ਨਹੀਂ ਕੀਤਾ (ਕਿਉਂਕਿ ਇਸ ਨਾਲ ਵੈਰਾਗ ਪੈਦਾ ਨਹੀਂ ਹੁੰਦਾ, ਤੇ) ਵੈਰਾਗ ਤੋਂ ਬਿਨਾ ਮਾਇਆ (ਦੇ ਮੋਹ) ਤੋਂ ਖ਼ਲਾਸੀ ਨਹੀਂ ਹੋ ਸਕਦੀ ।

ਸ਼ਬਦ ਦਾ ਭਾਵ :—ਪ੍ਰਭੂ ਦਾ ਇਕ 'ਨਾਮ' ਹੀ ਐਸਾ ਹੈ, ਜੋ ਮਾਇਆ ਦੇ ਮੋਹ ਤੋਂ ਬਚਾ ਕੇ ਸਹੀ ਜੀਵਨ ਦਾ ਰਾਹ ਸਿਖਾ ਸਕਦਾ ਹੈ । ਨਾਹ ਕੋਈ ਹੋਰ ਵਿਅਕਤੀ ਤੇ ਨਾ ਕੋਈ ਹੋਰ ਸਾਧਨ ਇਸ ਗੱਲ ਦੇ ਸਮਰੱਥ ਹੈ ।

ਕਹੁ ਕਬੀਰ ਖੋਜਉ ਅਸਮਾਨ ॥ ਰਾਮ ਸਮਾਨ ਨ ਦੇਖਉ ਆਨ ॥੨॥੩੪॥

(੩) ਸੋਰਠਿ—੩

ਮਨ ਰੇ ਸਰਿਓ ਨ ਏਕੈ ਕਾਜਾ ॥ ਭਜਿਓ ਨ ਰਘੁਪਤਿ ਰਾਜਾ ॥੧॥ਰਹਾਉ॥
ਬਨ ਖੰਡ ਜਾਇ ਜੋਗੁ ਤਪੁ ਕੀਨੋ, ਕੰਦ ਮੂਲੁ ਚੁਨਿ ਖਾਇਆ ॥
ਨਾਦੀ ਬੇਦੀ ਸਬਦੀ ਮੋਨੀ, ਜਮ ਕੇ ਪਟੈ ਲਿਖਾਇਆ ॥੨॥

ਅਰਥ :—ਹੇ ਮਨ! ਤੂੰ ਪਰਕਾਸ਼-ਰੂਪ ਪਰਮਾਤਮਾ ਦਾ ਭਜਨ ਨਹੀਂ ਕੀਤਾ, ਤੈਥੋਂ ਇਹ ਇਕ ਕੰਮ ਭੀ (ਜੋ ਕਰਨ-ਜੋਗ ਸੀ) ਨਹੀਂ ਹੋ ਸਕਿਆ ।੧।ਰਹਾਉ।

ਕਈ ਲੋਕਾਂ ਨੇ ਜੰਗਲਾਂ ਵਿਚ ਜਾ ਕੇ ਜੋਗ ਸਾਧੇ, ਤਪ ਕੀਤੇ, ਗਾਜਰ ਮੂਲੀ ਆਦਿਕ ਚੁਣ ਖਾ ਕੇ ਗੁਜ਼ਾਰਾ ਕੀਤਾ; ਜੋਗੀ, ਕਰਮ-ਕਾਂਡੀ, ਅਲਖ ਆਖਣ ਵਾਲੇ ਜੋਗੀ, ਮੋਨਧਾਰੀ—ਇਹ ਸਾਰੇ ਜਮ ਦੇ ਲੇਖੇ ਵਿਚ ਹੀ ਲਿਖੇ ਗਏ (ਭਾਵ, ਇਹਨਾਂ ਦੇ ਸਾਧਨ ਮੌਤ ਦੇ ਡਰ ਤੋਂ ਬਚਾ ਨਹੀਂ ਸਕਦੇ) ।੨।

(੪) ਸੋਰਠਿ—੧

ਮਨ ਰੇ ਸੰਸਾਰੁ ਅੰਧ ਗਹੇਰਾ ॥ ਚਹੁ ਦਿਸ ਪਸਰਿਓ ਹੈ ਜਮ ਜੇਵਰਾ ॥੧॥ਰਹਾਉ॥

ਕਬਿਤ ਪੜੇ ਪੜਿ ਕਬਿਤਾ ਮੂਏ, ਕਪੜ ਕੇਦਾਰੈ ਜਾਈ ॥
ਜਟਾ ਧਾਰਿ ਧਾਰਿ ਜੋਗੀ ਮੂਏ, ਤੇਰੀ ਗਤਿ ਇਨਹਿ ਨ ਪਾਈ ॥੨॥੧॥

ਅਰਥ :—ਹੇ ਮੇਰੇ ਮਨ! (ਅਗਿਆਨਤਾ ਦੇ ਕਾਰਨ ਸਿਮਰਨ ਤੋਂ ਖੁੰਝ ਕੇ) ਜਗਤ ਇਕ ਹਨੇਰਾ ਖਾਤਾ ਬਣਿਆ ਪਿਆ ਹੈ, ਚੌਹੀਂ ਪਾਸੀਂ ਜਮਾਂ ਦੀ ਫਾਹੀ ਖਿਲਰੀ ਪਈ ਹੈ (ਭਾਵ, ਲੋਕ ਉਹ ਉਹ ਕੰਮ ਹੀ ਕਰ ਰਹੇ ਹਨ ਜਿਨ੍ਹਾਂ ਨਾਲ ਹੋਰ ਵਧੀਕ ਅਗਿਆਨਤਾ ਵਿਚ ਫਸਦੇ ਜਾਣ) ।ਰਹਾਉ।

(ਵਿਦਵਾਨ) ਕਵੀ ਲੋਕ ਆਪੋ ਆਪਣੀ ਕਾਵਿ-ਰਚਨਾ ਪੜ੍ਹਨ (ਭਾਵ, ਵਿੱਦਿਆ ਦੇ ਮਾਣ) ਵਿਚ ਹੀ ਮਸਤ ਹਨ, ਕਾਪੜੀ (ਆਦਿਕ) ਸਾਧੂ ਕੇਦਾਰਾ (ਆਦਿਕ) ਤੀਰਥਾਂ ਤੇ ਜਾ ਜਾ ਕੇ ਜੀਵਨ ਵਿਅਰਥ ਗਵਾਉਂਦੇ ਹਨ । ਜੋਗੀ ਲੋਕ ਜਟਾ ਰੱਖ ਰੱਖ ਕੇ ਹੀ ਇਹ ਸਮਝਦੇ ਰਹੇ ਕਿ ਇਹੀ ਰਾਹ ਠੀਕ ਹੈ, (ਹੇ ਪ੍ਰਭੂ!) ਤੇਰੀ ਬਾਬਤ ਸੂਝ ਇਹਨਾਂ ਲੋਕਾਂ ਨੂੰ ਭੀ ਨਾ ਪਈ ।੨।

(੫) ਰਾਮਕਲੀ—੬

ਨੋਟ—'ਰਹਾਉ' ਦੀ ਤੁਕ ਵਿਚ ਸਾਰੇ ਸ਼ਬਦ ਦਾ ਕੇਂਦਰੀ ਭਾਵ ਹੁੰਦਾ ਹੈ । ਇੱਥੇ ਦੱਸਿਆ ਗਿਆ ਹੈ ਕਿ ਜੋ ਮਨੁੱਖ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰ ਕੇ ਨਾਮ ਸਿਮਰਦਾ ਹੈ, ਪ੍ਰਭੂ-ਮਿਲਾਪ ਵਾਲੀ ਅਵਸਥਾ ਨਾਲ ਉਸ ਦੀ ਜਾਣ-ਪਛਾਣ ਹੋ ਜਾਂਦੀ ਹੈ । ਇਸ ਸ਼ਬਦ ਦੇ ਤਿੰਨ ਬੰਦ ਹਨ, ਤਿੰਨਾਂ ਵਿੱਚ ਉਸ ਮਿਲਾਪ-ਅਵਸਥਾ ਦੇ ਲੱਛਣ ਦਿੱਤੇ ਹਨ :—

੧. ਇਹ ਜਗਤ ਉਸ ਨੂੰ ਪ੍ਰਭੂ ਦੀ ਬਣਾਈ ਹੋਈ ਇਕ ਬਗ਼ੀਚੀ ਜਾਪਦੀ ਹੈ, ਜਿਸ ਵਿਚ ਇਹ ਜੀਅ ਜੰਤ ਸ਼ਾਖ਼ਾਂ, ਫੁੱਲ ਪੱਤਰ ਆਦਿਕ ਹਨ; ੨. ਜਿਵੇਂ ਭੌਰਾ ਫੁੱਲ ਦੇ ਰਸ ਵਿਚ ਮਸਤ ਹੋਇਆ ਹੋਇਆ ਫੁੱਲ ਦੀਆਂ ਪੱਤੀਆਂ ਵਿਚ ਹੀ ਆਪਣੇ ਆਪ ਨੂੰ ਕੈਦ ਕਰਾ ਲੈਂਦਾ ਹੈ, ਜਿਵੇਂ ਪੰਛੀ ਆਪਣੇ ਖੰਭਾਂ ਨਾਲ ਹਵਾ ਨੂੰ ਝਕੋਲਾ ਦੇ ਕੇ ਅਕਾਸ਼ ਵਿਚ ਉੱਡਦਾ ਹੈ, ਤਿਵੇਂ ਸਿਮਰਨ ਕਰਨ ਵਾਲਾ ਨਾਮ ਰਸ ਵਿਚ ਮਸਤ ਹੁੰਦਾ ਹੈ ਤੇ ਪ੍ਰਭੂ-ਚਰਨਾਂ ਵਿਚ ਉੱਚੀਆਂ ਉਡਾਰੀਆਂ ਲਾਉਂਦਾ ਹੈ; ਅਤੇ ੩. ਉਸ ਦੇ ਹਿਰਦੇ ਵਿਚ ਇਕ ਐਸੀ ਕੋਮਲਤਾ ਪੈਦਾ ਹੁੰਦੀ ਹੈ, ਜਿਸ ਦੀ ਬਰਕਤ ਨਾਲ ਉਸ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ ।

ਜਾਨੀ ਜਾਨੀ ਰੇ ਰਾਜਾ ਰਾਮ ਕੀ ਕਹਾਨੀ ॥
ਅੰਤਰਿ ਜੋਤਿ ਰਾਮ ਪਰਗਾਸਾ, ਗੁਰਮੁਖਿ ਬਿਰਲੈ ਜਾਨੀ ॥੧॥ਰਹਾਉ॥

ਅਰਥ :—ਹੇ ਭਾਈ! ਜੋ ਕੋਈ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਦਾ ਹੈ, ਉਹ ਪਰਕਾਸ਼-ਰੂਪ ਪਰਮਾਤਮਾ ਦੇ ਮੇਲ ਦੀ ਅਵਸਥਾ ਨੂੰ ਸਮਝ ਲੈਂਦਾ ਹੈ, ਉਸ ਦੇ ਅੰਦਰ ਰਾਮ ਦਾ ਪਰਕਾਸ਼ ਹੋ ਜਾਂਦਾ ਹੈ, ਪਰ ਇਸ ਅਵਸਥਾ ਨਾਲ ਜਾਣ-ਪਛਾਣ ਕਰਨ ਵਾਲਾ ਹੁੰਦਾ ਕੋਈ ਵਿਰਲਾ ਹੈ ।੧।ਰਹਾਉ।

ਨੋਟ :—ਇੱਥੇ ਬੰਦ ਨੰ: ੨ ਵਿਚ ਵਰਤੇ ਹੋਏ ਲਫ਼ਜ਼ 'ਬਾਰਹ' ਤੇ 'ਸੋਰਹ' ਤੋਂ ਇਹ ਅੰਦਾਜ਼ਾ ਲਾਣਾ ਭੁੱਲ ਹੈ ਕਿ ਕਬੀਰ ਜੀ ਪ੍ਰਾਣਾਯਾਮੀ ਸਨ ।

ਨੋਟ :—'ਰਹਾਉ' ਦੇ ਕੇਂਦਰੀ ਖ਼ਿਆਲ ਨੂੰ ਸਾਹਮਣੇ ਰੱਖ ਕੇ ਸਾਰੇ ਸ਼ਬਦ ਦੇ ਅਰਥ ਟੀਕੇ ਵਿਚ ਪੜ੍ਹੋ ।

(੬) ਭੈਰਉ—੧੦

ਨਿਜ ਪਦ ਊਪਰਿ ਲਾਗੋ ਧਿਆਨੁ ॥ ਰਾਜਾ ਰਾਮ ਨਾਮੁ ਮੋਰਾ ਬ੍ਰਹਮ ਗਿਆਨੁ ॥ਰਹਾਉ॥

ਅਰਥ :—(ਹੇ ਜੋਗੀ!) ਮੇਰੀ ਸੁਰਤ ਉਸ (ਪ੍ਰਭੂ ਦੇ ਚਰਨ-ਰੂਪ) ਘਰ ਵਿਚ ਜੁੜੀ ਹੋਈ ਹੈ, ਜੋ ਮੇਰਾ ਆਪਣਾ ਅਸਲੀ ਘਰ ਹੈ, ਪ੍ਰਕਾਸ਼-ਰੂਪ ਪ੍ਰਭੂ ਦਾ ਨਾਮ (ਹਿਰਦੇ ਵਿਚ ਵੱਸਣਾ ਹੀ) ਮੇਰੇ ਲਈ ਬ੍ਰਹਮ-ਗਿਆਨ ਹੈ ।੧।ਰਹਾਉ।

ਨੋਟ :—ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ, ਬਾਕੀ ਦੇ ਬੰਦ 'ਰਹਾਉ' ਦੀ ਤੁਕ ਦਾ ਵਿਕਾਸ ਹੁੰਦੇ ਹਨ । 'ਰਹਾਉ' ਵਿਚ ਕਬੀਰ ਜੀ ਆਖਦੇ ਹਨ ਕਿ ਮੇਰੀ ਸੁਰਤ ਉਸ ਘਰ ਵਿਚ ਜੁੜੀ ਪਈ ਹੈ ਜੋ ਘਰ ਨਿਰੋਲ ਮੇਰਾ ਆਪਣਾ ਹੈ; ਪ੍ਰਕਾਸ਼-ਸਰੂਪ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾਣਾ ਹੀ ਮੇਰੇ ਲਈ 'ਬ੍ਰਹਮ-ਗਿਆਨ' ਹੈ ।

ਇਸ ਅਵਸਥਾ ਵਿਚ ਅੱਪੜ ਕੇ ਅਸਲੀ ਜੀਵਨ ਕਿਹੋ ਜਿਹਾ ਬਣ ਜਾਂਦਾ ਹੈ?—ਇਸ ਦੀ ਵਿਆਖਿਆ ਸ਼ਬਦ ਦੇ ਤਿੰਨ ਬੰਦਾਂ ਵਿਚ ਹੈ :—

੧. ਮੱਤ ਸ੍ਰੇਸ਼ਟ ਹੋ ਕੇ ਪ੍ਰਭੂ ਵਿਚ ਟਿਕਦੀ ਹੈ ਅਤੇ 'ਮੇਰ-ਤੇਰ' ਮਿਟ ਜਾਂਦੀ ਹੈ ।

੨. ਮਨ ਵਿਕਾਰਾਂ ਵੱਲੋਂ ਰੁਕ ਜਾਂਦਾ ਹੈ, ਅੰਦਰ ਠੰਢ ਪੈ ਜਾਂਦੀ ਹੈ, ਅਗਿਆਨਤਾ ਦੂਰ ਹੋ ਜਾਂਦੀ ਹੈ, ਪ੍ਰਭੂ-ਚਰਨਾਂ ਵਲ ਲਗਨ ਬਣ ਜਾਂਦੀ ਹੈ ।

੩. ਅਗਿਆਨਤਾ ਦੇ ਹਨੇਰੇ ਵਿਚੋਂ ਨਿਕਲ ਕੇ ਚਾਨਣ ਲੱਭ ਪੈਂਦਾ ਹੈ, ਸੁਰਤ ਅਜਿਹੀ ਉੱਚੀ ਹੋ ਜਾਂਦੀ ਹੈ ਕਿ ਸਦਾ ਇਕ-ਰਸ ਬਣੀ ਰਹਿੰਦੀ ਹੈ ।

ਸ਼ਬਦ ਵਿਚ ਸਾਰੇ ਲਫ਼ਜ਼ ਜੋਗੀਆਂ ਵਾਲੇ ਵਰਤੇ ਹਨ, ਕਿਉਂਕਿ ਕਿਸੇ ਜੋਗੀ ਨਾਲ ਗੱਲ-ਬਾਤ ਕੀਤੀ ਗਈ ਹੈ । ਜੋਗੀ ਨੂੰ ਸਮਝਾਂਦੇ ਹਨ ਕਿ ਪ੍ਰਭੂ ਦਾ ਨਾਮ ਹਿਰਦੇ ਵਿਚ ਵੱਸਣਾ ਹੀ ਸਭ ਤੋਂ ਉੱਚਾ ਗਿਆਨ ਹੈ, ਤੇ ਇਹ ਨਾਮ ਹੀ ਜੀਵਨ ਵਿਚ ਸੁੰਦਰ ਤਬਦੀਲੀ ਲਿਆਉਂਦਾ ਹੈ ।

ਨੋਟ :—ਸਾਰੀ ਵਿਆਖਿਆ ਟੀਕੇ ਵਿਚ ਪੜ੍ਹੋ ।

(੭) ਗਉੜੀ—੫੧

ਜੋਗੀ ਕਹਹਿ ਜੋਗੁ ਭਲ ਮੀਠਾ, ਅਵਰੁ ਨ ਦੂਜਾ ਭਾਈ ॥
ਰੁੰਡਿਤ ਮੁੰਡਿਤ ਏਕੈ ਸਬਦੀ, ਏਹਿ ਕਹਹਿ ਸਿਧਿ ਪਾਈ ॥੧॥

ਹਰਿ ਬਿਨੁ ਭਰਮਿ ਭੁਲਾਨੇ ਅੰਧਾ ॥
ਜਾ ਪਹਿ ਜਾਉ ਆਪੁ ਛੁਟਕਾਵਨਿ, ਤੇ ਬਾਧੇ ਬਹੁ ਫੰਦਾ ॥੧॥ਰਹਾਉ॥

ਸ਼ਬਦ ਦਾ ਭਾਵ :—ਕੋਈ ਜੋਗੀ ਹੋਵੇ, ਸਰੇਵੜਾ ਹੋਵੇ, ਸੰਨਿਆਸੀ ਹੋਵੇ, ਪੰਡਿਤ ਹੋਵੇ, ਸੂਰਮਾ ਹੋਵੇ, ਦਾਨੀ ਹੋਵੇ—ਕੋਈ ਭੀ ਹੋਵੇ, ਜੋ ਮਨੁੱਖ ਪ੍ਰਭੂ ਦੀ ਬੰਦਗੀ ਨਹੀਂ ਕਰਦਾ ਉਸ ਦੀ ਹਉਮੈ ਦੂਰ ਨਹੀਂ ਹੋਈ ਤੇ ਹਉਮੈ ਦੂਰ ਹੋਣ ਤੋਂ ਬਿਨਾ ਉਹ ਅਜੇ ਔਝੜੇ ਭਟਕ ਰਿਹਾ ਹੈ । ਜੀਵਨ ਲਈ ਸਹੀ ਚਾਨਣ ਕਰਨ ਵਾਲਾ ਪ੍ਰਭੂ ਦਾ ਨਾਮ ਹੀ ਹੈ ਤੇ ਇਹ ਇਹ ਨਾਮ ਸਤਿਗੁਰੂ ਤੋਂ ਮਿਲਦਾ ਹੈ ।

(੮) ਗਉੜੀ—੪

ਨੰਗੇ ਰਹਿ ਕੇ ਜੰਗਲਾਂ ਵਿਚ ਭੌਣਾ, ਸਿਰ ਮੁਨਾ ਕੇ ਫ਼ਕੀਰ ਬਣ ਜਾਣਾ, ਬਾਲ-ਜਤੀ ਬਣੇ ਰਹਿਣਾ—ਇਹੋ ਜਿਹਾ ਕੋਈ ਸਾਧਨ ਮਨੁੱਖ ਨੂੰ ਸੰਸਾਰ-ਸਾਗਰ ਤੋਂ ਪਾਰ ਨਹੀਂ ਕਰ ਸਕਦਾ । ਕੇਵਲ ਪਰਮਾਤਮਾ ਦਾ ਨਾਮ ਹੀ ਬੇੜਾ ਪਾਰ ਕਰਦਾ ਹੈ ।

ਨਗਨ ਫਿਰਤ ਜੌ ਪਾਈਐ ਜੋਗੁ ॥
ਬਨ ਕਾ ਮਿਰਗੁ ਮੁਕਤਿ ਸਭੁ ਹੋਗੁ ॥੧॥......

(੯) ਆਸਾ—੫

ਜੋਗੀ ਜਤੀ ਤਪੀ ਸੰਨਿਆਸੀ ਬਹੁ ਤੀਰਥ ਭ੍ਰਮਨਾ ॥
ਲੁੰਜਿਤ ਮੁੰਜਿਤ ਮੋਨਿ ਜਟਾਧਰ, ਅੰਤਿ ਤਊ ਮਰਨਾ ॥
ਤਾ ਤੇ ਸੇਵੀਅਲੇ ਰਾਮਨਾ ॥
ਰਸਨਾ ਰਾਮ ਨਾਮ ਹਿਤੁ ਜਾ ਕੈ, ਕਹਾ ਕਰੈ ਜਮਨਾ ॥ਰਹਾਉ॥੫॥

ਭਾਵ :—ਜੋਗ, ਜਤ, ਤਪ, ਸੰਨਿਆਸ, ਤੀਰਥ ਆਦਿਕ—ਇਹ ਸਾਰੇ ਸਾਧਨ ਕਰਦਿਆਂ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ।

(੧੦) ਆਸਾ—੭

ਅਸਲ ਜੋਗੀ ਉਹ ਹੈ ਜੋ ਮਾਇਆ-ਗ੍ਰਸੇ ਆਤਮਾ ਨੂੰ ਚੁੱਕ ਕੇ ਮਾਇਆ ਦੇ ਪ੍ਰਭਾਵ ਤੋਂ ਉੱਚਾ ਲੈ ਜਾਂਦਾ ਹੈ । ਐਸੇ ਜੋਗੀ ਨੂੰ (ਮਾਨੋ) ਨੌ ਖ਼ਜ਼ਾਨੇ ਮਿਲ ਜਾਂਦੇ ਹਨ ।

ਪ੍ਰਭੂ ਦਾ ਨਾਮ ਸਿਮਰਨਾ ਹੀ ਜੋਗ ਦਾ ਚੰਗਾ ਆਹਰ ਹੈ, ਤੇ ਇਹ ਨਾਮ ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ ।

ਐਸਾ ਜੋਗੀ ਨਉਨਿਧਿ ਪਾਵੈ ॥
ਤਲ ਕਾ ਬ੍ਰਹਮੁ ਲੇ ਗਗਨਿ ਚਰਾਵੈ ॥੧॥ਰਹਾਉ॥......
ਸਭ ਜੋਗਤਣ ਰਾਮ ਨਾਮੁ ਹੈ, ਜਿਸ ਕਾ ਪਿੰਡ ਪਰਾਨਾ ॥
ਕਹੁ ਕਬੀਰ ਜੇ ਕਿਰਪਾ ਧਾਰੈ, ਦੇਇ ਸਚਾ ਨੀਸਾਨਾ ॥੪॥੭॥

(੧੧) ਬਿਲਾਵਲੁ—੧੧

ਜਨਮ ਮਰਨ ਕਾ ਭ੍ਰਮੁ ਗਇਆ, ਗੋਬਿਦ ਲਿਵ ਲਾਗੀ ॥
ਜੀਵਤ ਸੁੰਨ ਸਮਾਨਿਆ, ਗੁਰ ਸਾਖੀ ਜਾਗੀ ॥੧॥ਰਹਾਉ॥... ...
ਤ੍ਰਿਕਟੀ ਸੰਧਿ, ਮੈ ਪੇਖਿਆ, ਘਟ ਹੂ ਘਟ ਜਾਗੀ ॥
ਐਸੀ ਬੁਧਿ ਸਮਾਚਾਰੀ, ਘਟ ਮਾਹਿ ਤਿਆਗੀ ॥੨॥

ਨੋਟ :—ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੈ । ਇੱਥੇ 'ਗੁਰ ਸਾਖੀ ਜਾਗੀ' ਦਾ ਨਤੀਜਾ ਬਿਆਨ ਕੀਤਾ ਗਿਆ ਹੈ ।

ਅਰਥ :—(ਮੇਰੇ ਅੰਦਰ) ਸਤਿਗੁਰੂ ਦੀ ਸਿੱਖਿਆ ਨਾਲ ਐਸੀ ਬੁੱਧ ਜਾਗ ਪਈ ਹੈ ਕਿ ਮੇਰੀ ਜਨਮ ਮਰਨ ਦੀ ਭਟਕਣਾ ਮੁੱਕ ਗਈ ਹੈ, ਪ੍ਰਭੂ-ਚਰਨਾਂ ਵਿਚ ਮੇਰੀ ਸੁਰਤ ਜੁੜ ਗਈ ਹੈ, ਤੇ ਮੈਂ ਜਗਤ ਵਿਚ ਵਿਚਰਦਾ ਹੋਇਆ ਹੀ ਉਸ ਹਾਲਤ ਵਿਚ ਟਿਕਿਆ ਰਹਿੰਦਾ ਹਾਂ, ਜਿੱਥੇ ਮਾਇਆ ਦੇ ਫੁਰਨੇ ਨਹੀਂ ਉੱਠਦੇ ।੧।ਰਹਾਉ।...

ਨੋਟ :—ਸਿਰਫ਼ ਲਫ਼ਜ਼ 'ਤ੍ਰਿਕੁਟੀ' ਦੀ ਵਰਤੋਂ ਤੋਂ ਇਹ ਅੰਦਾਜ਼ਾ ਲਾਣਾ ਗ਼ਲਤ ਹੈ ਕਿ ਕਬੀਰ ਜੀ ਪ੍ਰਾਣਾਯਾਮ ਕਰਦੇ ਸਨ ।

ਬੰਦ ਨੰ: ੨ ਦਾ ਅਰਥ :—

(ਸਤਿਗੁਰ ਦੀ ਸਿੱਖਿਆ ਨਾਲ ਬੁੱਧ ਜਾਗਣ ਤੇ) ਮੈਂ ਅੰਦਰਲੀ ਖਿੱਝ ਦੂਰ ਕਰ ਲਈ ਹੈ, ਹੁਣ ਮੈਨੂੰ ਹਰੇਕ ਘਟ ਵਿਚ ਪ੍ਰਭੂ ਦੀ ਜੋਤ ਜਗਦੀ ਦਿੱਸ ਰਹੀ ਹੈ; ਮੇਰੇ ਅੰਦਰ ਐਸੀ ਮੱਤ ਪੈਦਾ ਹੋ ਗਈ ਹੈ ਕਿ ਮੈਂ ਅੰਦਰੋਂ ਵਿਰਕਤ ਹੋ ਗਿਆ ਹਾਂ ।੨।

(੧੨) ਗਉੜੀ—੫੩

ਸੁਰਤਿ ਸਿਮ੍ਰਿਤਿ ਦੁਇ ਕੰਨੀ ਮੁੰਦਾ, ਪਰਮਿਤਿ ਬਾਹਰਿ ਖਿੰਥਾ ॥

ਸੁੰਨ ਗੁਫਾ ਮਹਿ ਆਸਣੁ ਬੈਸਣੁ ਕਲਪ ਬਿਬਰਜਿਤ ਪੰਥਾ ॥੧॥
ਮੇਰੇ ਰਾਜਨ ਮੈ ਬੈਰਾਗੀ ਜੋਗੀ ॥ ਮਰਤ ਨ ਸੋਗ ਬਿਓਗੀ ॥੧॥ਰਹਾਉ॥

ਸ਼ਬਦ ਦਾ ਭਾਵ :—ਅਸਲ ਜੋਗੀ ਉਹ ਹੈ ਜੋ ਗ੍ਰਿਹਸਤ ਵਿਚ ਰਹਿੰਦਾ ਹੋਇਆ ਹੀ ਪ੍ਰਭੂ ਦੀ ਯਾਦ ਵਿਚ ਸੁਰਤ ਜੋੜਦਾ ਹੈ, ਆਪਣੇ ਮਨ ਵਿਚ ਵਿਕਾਰਾਂ ਦੇ ਫੁਰਨੇ ਤੇ ਕਲਪਣਾ ਨਹੀਂ ਉੱਠਣ ਦੇਂਦਾ, ਜਗਤ ਨੂੰ ਨਾਸਵੰਤ ਜਾਣ ਕੇ ਇਸ ਦੇ ਮੋਹ ਵਿਚ ਨਹੀਂ ਫਸਦਾ, ਦੁਨੀਆ ਦੇ ਕੰਮ-ਕਾਰ ਕਰਦਾ ਹੋਇਆ ਭੀ ਸੁਆਸ ਸੁਆਸ ਸਿਮਰਨ ਕਰਦਾ ਹੈ, ਤੇ ਯਾਦ ਦੀ ਇਸ ਤਾਰ ਨੂੰ ਕਦੇ ਟੁੱਟਣ ਨਹੀਂ ਦੇਂਦਾ । ਅਜਿਹੇ ਜੋਗੀ ਨੂੰ ਮਾਇਆ ਕਦੇ ਭਰਮਾ ਨਹੀਂ ਸਕਦੀ ।

ਨੋਟ—ਸ਼ਬਦ ਦੀ ਵਿਆਖਿਆ ਪੜ੍ਹੋ ਟੀਕੇ ਵਿਚ ।

(੧੩) ਰਾਮਕਲੀ—੭

ਐਸਾ ਜੋਗੁ ਕਮਾਵਹੁ ਜੋਗੀ ॥ ਜਪੁ ਤਪੁ ਸੰਜਮੁ ਗੁਰਮੁਖਿ ਭੋਗੀ ॥੧॥ਰਹਾਉ॥

ਭਾਵ :—ਹੇ ਜੋਗੀ! ਗ੍ਰਿਹਸਤ ਵਿਚ ਰਹਿੰਦੇ ਹੋਏ ਹੀ ਸਤਿਗੁਰੂ ਦੇ ਸਨਮੁਖ ਰਹੋ; ਗੁਰੂ ਦੇ ਦੱਸੇ ਰਾਹ ਉੱਤੇ ਤੁਰਨਾ ਹੀ ਜਪ ਹੈ, ਇਹੀ ਤਪ ਹੈ, ਤੇ ਇਹੀ ਸੰਜਮ ਹੈ; ਬੱਸ! ਇਹੀ ਜੋਗ-ਅੱਭਿਆਸ ਕਰੋ ।੧।ਰਹਾਉ।

(੧੪) ਗਉੜੀ—੪੬

ਸ਼ਬਦ ਦਾ ਭਾਵ :—ਜਿਸ ਮਨੁੱਖ ਉੱਤੇ ਪ੍ਰਭੂ ਮਿਹਰ ਕਰਦਾ ਹੈ, ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣੇ ਮਨ ਨੂੰ ਵਿਕਾਰਾਂ ਵਲੋਂ ਰੋਕ ਲੈਂਦਾ ਹੈ । ਉਹ ਨਿਰਬਾਹ ਲਈ ਕਿਰਤ-ਕਾਰ ਤਾਂ ਕਰਦਾ ਹੈ, ਪਰ ਉਸ ਦੀ ਸੁਰਤਿ ਸਦਾ ਪ੍ਰਭੂ-ਚਰਨਾਂ ਵਿਚ ਹੀ ਰਹਿੰਦੀ ਹੈ—

ਉਨਮਨਿ ਮਨੂਆ ਸੁੰਨਿ ਸਮਾਨਾ, ਦੁਬਿਧਾ ਦੁਰਮਤਿ ਭਾਗੀ ॥
ਕਹੁ ਕਬੀਰ ਅਨਭਉ ਇਕੁ ਦੇਖਿਆ, ਰਾਮ ਨਾਮ ਲਿਵ ਲਾਗੀ ॥੪॥੨॥੪੬॥

ਅਰਥ :—ਹੇ ਕਬੀਰ! ਆਖ—(ਜਿਸ ਉੱਤੇ ਪ੍ਰਭੂ ਦੀ ਮਿਹਰ ਹੋਵੇ) ਉਸ ਮਨੁੱਖ ਦਾ ਮਨ ਬਿਰਹੋਂ ਅਵਸਥਾ ਵਿਚ ਅੱਪੜ ਕੇ ਉਸ ਹਾਲਤ ਵਿਚ ਲੀਨ ਹੋ ਜਾਂਦਾ ਹੈ ਜਿੱਥੇ ਵਿਕਾਰਾਂ ਦੇ ਫੁਰਨੇ ਨਹੀਂ ਉਠਦੇ । ਉਸ ਦੀ ਦੁਬਿਧਾ ਤੇ ਉਸ ਦੀ ਭੈੜੀ ਮੱਤ ਸਭ ਨਾਸ ਹੋ ਜਾਂਦੀ ਹੈ; ਉਹ ਇਹ ਅਚਰਜ ਚਮਤਕਾਰਾ ਆਪਣੇ ਅੰਦਰ ਵੇਖ ਲੈਂਦਾ ਹੈ; ਉਸ ਦੀ ਸੁਰਤ ਪ੍ਰਭੂ ਦੇ ਨਾਮ ਵਿਚ ਜੁੜ ਜਾਂਦੀ ਹੈ ।

(੧੫) ਸੋਰਠਿ—੧੦

ਸੰਤਹੁ ਮਨ ਪਵਨੈ ਸੁਖੁ ਬਨਿਆ ॥ ਕਿਛੁ ਜੋਗੁ ਪਰਾਪਤਿ ਗਨਿਆ ॥ਰਹਾਉ॥

ਨੋਟ :—ਕਈ ਸੱਜਣਾਂ ਨੇ ਦੂਜੀ ਤੁਕ ਦਾ ਅਰਥ ਕੀਤਾ ਹੈ—ਮੈਂ ਸਮਝਦਾ ਹਾਂ ਕਿ ਮੈਨੂੰ ਜੋਗ ਦੀ ਪ੍ਰਾਪਤੀ ਹੋ ਗਈ ਹੈ । ਜੋਗੁ ਪਰਾਪਤਿ—ਜੋਗ ਦੀ ਪ੍ਰਾਪਤੀ ।

ਪਰ; ਲਫ਼ਜ਼ 'ਜੋਗੁ' ਦੇ ਅੰਤ ਵਿਚ (ੁ) ਹੈ । ਇਸ ਦਾ ਅਰਥ 'ਜੋਗ ਦੀ' ਨਹੀਂ ਹੋ ਸਕਦਾ । ਜਿਵੇਂ 'ਗੁਰੁ ਪਰਸਾਦ ਕਰੈ' ਵਿਚ ਲਫ਼ਜ਼ 'ਗੁਰੁ' ਦਾ ਅਰਥ 'ਗੁਰੂ ਦਾ' ਨਹੀਂ ਕੀਤਾ ਜਾ ਸਕਦਾ ।

ਆਪਣੇ ਕਿਸੇ ਬਣਾਏ ਹੋਏ ਖ਼ਿਆਲ ਅਨੁਸਾਰ ਕਬੀਰ ਜੀ ਦੀ ਬਾਣੀ ਵਿਚ ਵਰਤੇ ਹੋਏ ਲਫ਼ਜ਼ 'ਜੋਗੁ' ਨੂੰ ਹਰ ਥਾਂ 'ਜੋਗ-ਸਾਧਨ' ਵਿਚ ਵਰਤਿਆ ਸਮਝ ਲੈਣਾ ਠੀਕ ਨਹੀਂ ਹੈ । ਸ਼ਬਦ ਵਿਚ ਜੋ ਲਫ਼ਜ਼ ਜਿਸ ਸ਼ਕਲ ਵਿਚ ਵਰਤੇ ਹੋਏ ਹਨ, ਉਹਨਾਂ ਨੂੰ ਨਿਰਪੱਖ ਹੋ ਕੇ ਸਮਝਣ ਦਾ ਜਤਨ ਕਰੀਏ । ਕੀ ਤੁਕ 'ਕਰਨ ਕਰਾਵਨ ਕਰਨੈ ਜੋਗ' ਵਿਚ ਲਫ਼ਜ਼ 'ਜੋਗ' ਦੇ ਅਰਥ 'ਜੋਗ-ਸਾਧਨ' ਹੀ ਕਰਾਂਗੇ?

ਪਰਾਪਤਿ ਜੋਗੁ—ਹਾਸਲ ਕਰਨ ਜੋਗਾ ।

ਅਰਥ :—ਹੇ ਸੰਤ ਜਨੋ! (ਮੇਰੇ) ਪਵਣ (ਵਰਗੇ ਚੰਚਲ) ਮਨ ਨੂੰ (ਹੁਣ) ਸੁਖ ਮਿਲ ਗਿਆ ਹੈ, (ਹੁਣ ਇਹ ਮਨ ਪ੍ਰਭੂ ਦਾ ਮਿਲਾਪ) ਹਾਸਲ ਕਰਨ ਜੋਗਾ ਥੋੜਾ ਬਹੁਤ ਸਮਝਿਆ ਜਾ ਸਕਦਾ ਹੈ ।ਰਹਾਉ।

(੧੬) ਬਿਲਾਵਲੁ—੮

ਆਸਨ ਪਵਨ ਦੂਰਿ ਕਰਿ ਬਵਰੇ ॥ ਛੋਡਿ ਕਪਟ ਨਿਤੁ ਹਰਿ ਭਜੁ ਬਵਰੇ ॥੧॥ਰਹਾਉ॥

ਅਰਥ :—ਹੇ ਝੱਲੇ ਜੋਗੀ! ਜੋਗ-ਅੱਭਿਆਸ ਤੇ ਪ੍ਰਾਣਾਯਮ ਨੂੰ ਤਿਆਗ, ਇਸ ਪਖੰਡ ਨੂੰ ਛੱਡ ਤੇ ਸਦਾ ਬੰਦਗੀ ਕਰ ।ਰਹਾਉ।

ਨੋਟ—ਇਸ ਸ਼ਬਦ ਦੀ 'ਰਹਾਉ' ਦੀ ਤੁਕ ਵਿਚ ਕਬੀਰ ਜੀ ਖੁਲ੍ਹੇ ਲਫ਼ਜ਼ਾਂ ਵਿਚ ਜੋਗ-ਅੱਭਿਆਸ ਤੇ ਪ੍ਰਾਣਾਯਾਮ ਨੂੰ 'ਕਪਟ' ਕਹਿ ਰਹੇ ਹਨ ਤੇ ਕਿਸੇ ਜੋਗੀ ਨੂੰ ਸਮਝਾਉਂਦੇ ਹਨ ਕਿ ਇਹ ਕੁਰਾਹ ਛੱਡ ਦੇਹ, ਇਹ ਮਾਇਆ ਦੀ ਖ਼ਾਤਰ ਹੀ ਇਕ ਡਿੰਭ ਹੈ ।

ਜੋਗ-ਅੱਭਿਆਸ ਪ੍ਰਾਣਾਯਮ ਬਾਬਤ ਕਬੀਰ ਜੀ ਦੇ ਆਪਣੇ ਇਹ ਸਾਫ਼ ਖ਼ਿਆਲ ਛੱਡ ਕੇ, ਹੋਰ ਸੁਆਰਥੀ ਲੋਕਾਂ ਦੀਆਂ ਘੜੀਆਂ ਕਹਾਣੀਆਂ ਉੱਤੇ ਵਿਛ ਕੇ ਕਬੀਰ ਜੀ ਨੂੰ ਜੋਗ-ਅੱਭਿਆਸੀ ਮਿਥ ਲੈਣਾ ਭਾਰੀ ਭੁੱਲ ਹੈ ।

(੧੭) ਮਾਰੂ—੨

ਇਸ ਸ਼ਬਦ ਵਿਚ ਤਾਂ ਸਾਫ਼ ਆਖਿਆ ਹੈ :

ਬਨਹਿ ਬਸੇ ਕਿਉ ਪਾਈਐ?
'ਜਟਾ ਭਸਮ ਲੇਪਨ ਕੀਆ, ਕਹਾ ਗੁਫਾ ਮਹਿ ਬਾਸੁ' ।

(੧੮) ਗਉੜੀ—੫੨

ਜਹ ਕਛੁ ਅਹਾ ਤਹਾ ਕਿਛੁ ਨਾਹੀ, ਪੰਚ ਤਤੁ ਤਹ ਨਾਹੀ । ਇੜਾ ਪਿੰਗਲਾ ਸੁਖਮਨ ਬੰਦੇ, ਏ ਅਵਗਨ ਕਤ ਜਾਹੀ ॥੧॥ ਤਾਗਾ ਤੂਟਾ ਗਗਨੁ ਬਿਨਸਿ ਗਇਆ, ਤੇਰਾ ਬੋਲਤ ਕਹਾ ਸਮਾਈ ॥ ਏਹ ਸੰਸਾ ਮੋ ਕਉ ਅਨਦਿਨੁ ਬਿਆਪੈ, ਮੋ ਕਉ ਕੋ ਨ ਕਹੈ ਸਮਝਾਈ ॥੧॥ਰਹਾਉ॥

ਸ਼ਬਦ ਦਾ ਭਾਵ :—ਜਿਸ ਮਨੁੱਖ ਦੀ ਲਿਵ ਪ੍ਰਭੂ-ਚਰਨਾਂ ਵਿਚ ਲੱਗਦੀ ਹੈ ਉਸ ਦੇ ਅੰਦਰੋਂ ਜਗਤ ਦਾ ਅਤੇ ਆਪਣੇ ਸਰੀਰ ਦਾ ਮੋਹ ਮਿਟ ਜਾਂਦਾ ਹੈ । ਇਕ ਐਸੀ ਅਸਚਰਜ ਖੇਡ ਬਣਦੀ ਹੈ ਕਿ ਉਸ ਦੇ ਮਨ ਵਿਚ ਵਿਤਕਰੇ ਦਾ ਨਾਮ-ਨਿਸ਼ਾਨ ਨਹੀਂ ਰਹਿ ਜਾਂਦਾ । ਇਸ ਅਨੰਦ ਦੇ ਸਾਹਮਣੇ ਉਸ ਨੂੰ ਪ੍ਰਾਣਾਯਾਮ ਆਦਿਕ ਸਾਧਨ ਹੋਛੇ ਜਿਹੇ ਕੰਮ ("ਅਵਗਨ") ਦਿੱਸਦੇ ਹਨ ।

ਨੋਟ :—ਸਾਰੇ ਸ਼ਬਦ ਦੀ ਵਿਆਖਿਆ ਟੀਕੇ ਵਿਚ ਪੜ੍ਹੋ ।

(੧੯) ਰਾਮਕਲੀ—੧

ਜੋਗੀ ਲੋਕ ਸ਼ਰਾਬ ਬਣਾ ਕੇ ਪੀਂਦੇ ਸਨ ਤਾਕਿ ਸੁਰਤ ਹੋਰ ਝੰਬੇਲਿਆਂ ਵਲੋਂ ਹਟ ਕੇ ਛੇਤੀ ਇਕਾਗਰ ਹੋ ਸਕੇ । ਅਸਾਡੇ ਭੀ ਕਈ ਭੁੱਲੜ ਸਿੱਖ ਸੁਰਤ ਟਿਕਾਣ ਲਈ ਭੰਗ ਪੀਂਦੇ ਹਨ । ਸਤਿਗੁਰੂ ਦੀ ਬਾਣੀ ਵਿਚ ਤਾਂ ਪ੍ਰਭੂ ਦੇ ਨਾਮ ਨੂੰ ਸੁਖ-ਨਿਧਾਨ ਆਖਿਆ ਹੈ, ਪਰ ਇਹਨਾਂ ਭੰਗ ਦੇ ਆਸ਼ਕਾਂ ਨੇ ਭੰਗ ਨੂੰ "ਸੁਖ-ਨਿਧਾਨ" ਕਹਿਣਾ ਸ਼ੁਰੂ ਕਰ ਦਿੱਤਾ ਹੈ, ਤੇ ਅਸਾਡਾ ਇਕ ਪੰਥਕ ਅਖ਼ਬਾਰ ਭੀ ਇਸੇ ਨਾਮ ਨੂੰ ਵਰਤ ਕੇ "ਸੁਖ-ਨਿਧਾਨ ਦੀ ਮੌਜ ਵਿਚ' ਦੇ ਸਿਰ-ਲੇਖ ਹੇਠ ਊਜ-ਜਲੂਲ ਲਿਖਿਆ ਕਰਦਾ ਹੈ । ਕਰਤਾਰ ਦੇ ਰੰਗ!

ਨਸ਼ੇ, ਨਸ਼ੇ ਹੀ ਹਨ । ਇਹਨਾਂ ਦਾ ਕੰਮ ਹੈ ਇਨਸਾਨ ਦੀ ਜ਼ਮੀਰ ਨੂੰ ਕਮਜ਼ੋਰ ਕਰਨਾ, ਚਾਹੇ ਕਿਸੇ ਹੀ ਬਹਾਨੇ ਪੀਵੋ । ਪਰ ਵੇਖੋ ਆਪਣੀ ਦੇਸ ਦੀ ਅਧੋਗਤੀ! ਜੋ ਜੋਗੀ ਇੱਕ-ਦਮ ਸਾਬਤ ਬੋਤਲਾਂ ਚਾੜ੍ਹ ਜਾਏ, ਉਸ ਨੂੰ ਪੱਕੀ ਹੋਈ ਸੁਰਤ ਵਾਲਾ ਸਮਝਿਆ ਜਾਂਦਾ ਸੀ । ਕਬੀਰ ਜੀ ਇਸ ਪਖੰਡ ਨੂੰ ਕਿੱਥੇ ਲੁਕਣ ਦੇਂਦੇ ਸਨ? ਉਹਨਾਂ ਇਸ ਦੀ ਚੰਗੀ ਕਲੀ ਖੋਹਲੀ । ਰਾਮਕਲੀ ਰਾਗ ਦੇ ਇਸ ਪਹਿਲੇ ਸ਼ਬਦ ਵਿਚ ਵਿਕਾਰ-ਉਪਜਾਊ ਸ਼ਰਾਬ ਦੇ ਟਾਕਰੇ ਤੇ ਨਾਮ-ਅੰਮ੍ਰਿਤ ਤਿਆਰ ਕਰਨ ਦੀ ਜਾਚ ਦੱਸਦੇ ਹਨ ।

ਜੋਗੀ ਤਾਂ ਸ਼ਰਾਬ ਵਿਚ ਗੁੱਟ ਹੋ ਕੇ ਇੜਾ, ਪਿੰਗਲਾ, ਸੁਖਮਨਾ ਵਾਲਾ ਅੱਭਿਆਸ ਕਰਦੇ ਸਨ; ਕਬੀਰ ਜੀ 'ਨਾਮ ਮਹਾ ਰਸ' ਤਿਆਰ ਕਰਨ ਦੀ ਜਾਚ ਸਿਖਾਂਦੇ ਹਨ, ਤੇ ਆਖਦੇ ਹਨ ਕਿ ਜੋਗੀਆਂ ਦੇ ਜਪ ਤਪ ਤੇ ਅੱਭਿਆਸ ਦੇ ਟਾਕਰੇ ਉੱਤੇ ਇਹ 'ਨਾਮ-ਰਸ' ਇਤਨਾ ਉੱਚਾ ਅਤੇ ਸੁਆਦਲਾ ਹੈ ਕਿ ਮੈਂ ਇਸ ਦੀ ਇਕ ਬੂੰਦ ਦੇ ਵੱਟੇ ਇਹ ਸਾਰੇ ਜਤ, ਤਪ, ਤੀਰਥ, ਵਰਤ, ਸੰਜਮ, ਇੜਾ-ਪਿੰਗਲਾ-ਸੁਖਮਨਾ ਦਾ ਅੱਭਿਆਸ—ਸਭ ਕੁਝ ਕੁਰਬਾਨ ਕਰਨ ਨੂੰ ਤਿਆਰ ਹਾਂ । ਫੁਰਮਾਂਦੇ ਹਨ :—

ਕੋਈ ਹੈ ਰੇ ਸੰਤੁ ਸਹਜ ਸੁਖ ਅੰਤਰਿ, ਜਾ ਕਉ ਜਪੁ ਤਪੁ ਦੇਉ ਦਲਾਲੀ ਰੇ ॥
ਏਕ ਬੂੰਦ ਭਰਿ ਤਨੁ ਮਨੁ ਦੇਵਉ ਜੋ ਮਦੁ ਦੇਇ ਕਲਾਲੀ ਰੇ ॥੧॥...
ਤੀਰਥ ਬਰਤ ਨੇਮ ਸੁਚਿ ਸੰਜਮ, ਰਵਿ ਸਸਿ ਗਹਨੈ ਦੇਉ ਰੇ ॥
ਸੁਰਤਿ ਪਿਆਲ ਸੁਧਾ ਰਸੁ ਅੰਮ੍ਰਿਤੁ, ਏਹ ਮਹਾ ਰਸੁ ਪੇਉ ਰੇ ॥੩॥

ਰਵਿ—ਪਿੰਗਲਾ ਸੁਰ । ਸਸਿ—ਇੜਾ ਸੁਰ ।

ਪ੍ਰਾਣਾਯਾਮ ਕਰਨ ਵਾਲਿਆਂ ਵਾਸਤੇ ਇੜਾ, ਪਿੰਗਲਾ ਅਤੇ ਸੁਖਮਨਾ ਇਹ ਤਿੰਨੇ ਨਾੜੀਆਂ ਇਕੱਠੀਆਂ ਹੀ ਜ਼ਰੂਰੀ ਹਨ । ਇਹ ਨਹੀਂ ਹੋ ਸਕਦਾ ਕਿ ਕੋਈ ਹਠ-ਜੋਗੀ 'ਇੜਾ-ਪਿੰਗਲਾ' ਨੂੰ ਤਾਂ ਕਿਸੇ ਅੱਗੇ ਗਿਰਵੀ ਰੱਖਣ ਲਈ ਤਿਆਰ ਹੋ ਪਏ, ਪਰ ਇਕੱਲੀ ਸੁਖਮਨਾ ਨਾੜੀ ਨੂੰ ਸਾਂਭੀ ਰੱਖੇ । ਕਬੀਰ ਜੀ ਦੇ ਲਫ਼ਜ਼ 'ਰਵਿ ਸਸਿ' ਤੋਂ ਇੜਾ, ਪਿੰਗਲਾ, ਸੁਖਮਨਾ ਤਿੰਨਾਂ ਦਾ ਹੀ ਭਾਵ ਲੈਣਾ ਹੈ । ਆਖਦੇ ਹਨ ਕਿ ਨਾਮ-ਰਸ ਦੇ ਸਾਹਮਣੇ ਇਸ ਅਭਿਆਸ ਦਾ ਕੌਡੀ ਭੀ ਮੁੱਲ ਨਹੀਂ । ਸੋ, ਕਬੀਰ ਜੀ ਦੇ ਇਸ ਸ਼ਬਦ ਦੇ ਬੰਦ ਨੰ: ੨ ਵਿਚ ਵਰਤੇ ਲਫ਼ਜ਼ 'ਸੁਖਮਨ' ਤੋਂ 'ਸੁਖਮਨਾ ਨਾੜੀ' ਦਾ ਭਾਵ ਨਹੀਂ ਨਿਕਲਦਾ, ਇਸ ਦਾ ਅਰਥ ਹੈ 'ਮਨ ਦੀ ਸੁਖ-ਅਵਸਥਾ' ।

ਭਵਨ ਚਤੁਰਦਸ ਭਾਠੀ ਕੀਨ੍ਹੀ, ਬ੍ਰਹਮ ਅਗਨਿ ਤਨਿ ਜਾਰੀ ਰੇ ॥
ਮੁਦ੍ਰਾ ਮਦਕ ਸਹਜ ਧੁਨਿ ਲਾਗੀ, ਸੁਖਮਨ ਪੋਚਨਹਾਰੀ ਰੇ ॥੨॥

ਅਰਥ :—ਚੌਦਾਂ ਭਵਨਾਂ ਨੂੰ ਮੈਂ ਭੱਠੀ ਬਣਾਇਆ ਹੈ, ਆਪਣੇ ਸਰੀਰ ਵਿਚ ਰੱਬੀ ਜੋਤ-ਰੂਪ ਅੱਗ ਬਾਲੀ ਹੈ (ਭਾਵ, ਸਾਰੇ ਜਗਤ ਦੇ ਮੋਹ ਨੂੰ ਮੈਂ ਸਰੀਰ ਵਿਚ ਦੀ ਬ੍ਰਹਮ-ਅਗਨੀ ਨਾਲ ਸਾੜ ਦਿੱਤਾ ਹੈ) । ਹੇ ਭਾਈ! ਮੇਰੀ ਲਿਵ ਸਹਿਜ ਅਵਸਥਾ ਵਿਚ ਲੱਗ ਗਈ ਹੈ, ਇਹ ਮੈਂ ਉਸ 'ਨਾਲ' ਦਾ ਡੱਟਾ ਬਣਾਇਆ ਹੈ (ਜਿਸ ਵਿਚੋਂ ਦੀ ਸ਼ਰਾਬ ਨਿਕਲਦੀ ਹੈ), ਮੇਰੇ ਮਨ ਦੀ ਸੁਖ-ਅਵਸਥਾ ਉਸ 'ਨਾਲ' ਤੇ ਪੋਚਾ ਦੇ ਰਹੀ ਹੈ (ਭਾਵ, ਜਿਉਂ ਜਿਉਂ ਮੇਰਾ ਮਨ ਅਡੋਲ ਹੁੰਦਾ ਹੈ, ਸੁਖ-ਅਵਸਥਾ ਵਿਚ ਅੱਪੜਦਾ ਹੈ, ਤਿਉਂ ਤਿਉਂ ਮੇਰੇ ਅੰਦਰ ਨਾਮ-ਅੰਮ੍ਰਿਤ ਦਾ ਪ੍ਰਵਾਹ ਚੱਲਦਾ ਹੈ) ।

ਸੋ, ਇੱਥੇ ਭੀ ਕਿਸੇ ਹਠ-ਜੋਗ ਦੀ ਪਰਸੰਸਾ ਨਹੀਂ ਹੈ ।

(੨੦) ਰਾਮਕਲੀ—੨

ਇਸ ਸ਼ਬਦ ਵਿਚ ਭੀ ਜੋਗੀਆਂ ਦੇ ਸ਼ਬਦ ਦੇ ਟਾਕਰੇ ਤੇ 'ਨਾਮ-ਰਸੁ' ਦਾ ਹੀ ਜ਼ਿਕਰ ਹੈ । ਜੋਗੀ ਗੁੜ, ਮਹੂਏ ਦੇ ਫੁੱਲ ਆਦਿਕ ਰਲਾ ਕੇ ਭੱਠੀ ਵਿਚ ਸ਼ਰਾਬ ਕੱਢਦੇ ਸਨ, ਉਹ ਸ਼ਰਾਬ ਪੀ ਕੇ ਪ੍ਰਾਣਾਯਾਮ ਦੀ ਰਾਹੀਂ ਸੁਖਮਨਾ ਨਾੜੀ ਵਿਚ ਪ੍ਰਾਣ ਟਿਕਾਂਦੇ ਸਨ । 'ਨਾਮ' ਦਾ ਰਸੀਆ ਇਹਨਾਂ ਦੇ ਥਾਂ ਉੱਚੀ ਮੱਤ, ਪ੍ਰਭੂ-ਚਰਨਾਂ ਵਿੱਚ ਜੁੜੀ ਸੁਰਤ, ਅਤੇ ਪ੍ਰਭੂ ਦਾ ਭਉ—ਇਹਨਾਂ ਦੀ ਸਹਾਇਤਾ ਨਾਲ ਸਹਿਜ ਅਵਸਥਾ ਵਿਚ ਅੱਪੜਦਾ ਹੈ, ਤੇ ਇਸ ਤਰ੍ਹਾਂ ਨਾਮ-ਅੰਮ੍ਰਿਤ ਪੀਣ ਦਾ ਅਧਿਕਾਰੀ ਹੋ ਜਾਂਦਾ ਹੈ ।

ਗੁੜੁ ਕਰਿ ਗਿਆਨੁ ਧਿਆਨੁ ਕਰਿ ਮਹੂਆ, ਭਉ ਭਾਠੀ ਮਨ ਧਾਰਾ ॥ ਸੁਖਮਨ ਨਾਰੀ ਸਹਜ ਸਮਾਨੀ, ਪੀਵੈ ਪੀਵਨਹਾਰਾ ॥੧॥ ਅਉਧੂ ਮੇਰਾ ਮਨੁ ਮਤਵਾਰਾ ॥ ਉਨਮਦ ਚਢਾ, ਮਦਨ ਰਸੁ ਚਾਖਿਆ, ਤ੍ਰਿਭਵਨ ਭਇਆ ਉਜਿਆਰਾ ॥੧॥ਰਹਾਉ॥ {ਪੰਨਾ ੯੬੯}

ਭਾਵ :—ਹੇ ਜੋਗੀ ! ਮੇਰਾ (ਭੀ) ਮਨ ਮਸਤ ਹੋਇਆ ਹੋਇਆ ਹੈ; ਮੈਨੂੰ (ਤੁਰੀਆ ਅਵਸਥਾ ਦੀ) ਮਸਤੀ ਚੜ੍ਹੀ ਹੋਈ ਹੈ, (ਪਰ) ਮੈਂ (ਸ਼ਬਦ ਦੇ ਥਾਂ) ਮਸਤ ਕਰਨ ਵਾਲਾ (ਨਾਮ-) ਰਸ ਚੱਖਿਆ ਹੈ, (ਉਸ ਦੀ ਬਰਕਤਿ ਨਾਲ) ਸਾਰੇ ਹੀ ਜਗਤ ਵਿਚ ਮੈਨੂੰ ਉਸੇ ਦੀ ਜੋਤ ਜਗ ਰਹੀ ਦਿੱਸਦੀ ਹੈ ।੧।ਰਹਾਉ।

(ਨਾਮ-ਰਸ ਰੂਪ ਸ਼ਬਦ ਕੱਢਣ ਲਈ) ਮੈਂ ਆਤਮ-ਗਿਆਨ ਨੂੰ ਗੁੜ, ਪ੍ਰਭੂ ਚਰਨਾਂ ਵਿਚ ਜੁੜੀ ਸੁਰਤ ਨੂੰ ਮਹੂਏ ਦੇ ਫੁੱਲ ਅਤੇ ਆਪਣੇ ਮਨ ਵਿਚ ਟਿਕਾਏ ਪ੍ਰਭੂ ਦੇ ਭਉ ਨੂੰ ਭੱਠੀ ਬਣਾਇਆ ਹੈ । (ਜਿਸ ਗਿਆਨ ਧਿਆਨ ਤੇ ਭਉ ਤੋਂ ਉਪਜਿਆ ਨਾਮ-ਰਸ ਪੀ ਕੇ, ਮੇਰਾ ਮਨ) ਸਹਿਜ ਅਵਸਥਾ ਵਿਚ ਲੀਨ ਹੋ ਗਿਆ ਹੈ (ਜਿਵੇਂ ਜੋਗੀ ਸ਼ਰਾਬ ਪੀ ਕੇ ਆਪਣੇ ਪ੍ਰਾਣ) ਸੁਖਮਨ ਨਾੜੀ ਵਿਚ ਟਿਕਾਉਂਦਾ ਹੈ । ਹੁਣ ਮੇਰਾ ਮਨ ਨਾਮ-ਰਸ ਨੂੰ ਪੀਣ-ਜੋਗਾ ਹੋ ਕੇ ਪੀ ਰਿਹਾ ਹੈ ।੧।

(੨੧) ਗਉੜੀ—੧੮

ਐਸਾ ਗਿਆਨੁ ਕਥੈ ਬਨਵਾਰੀ ॥ ਮਨ ਰੇ ਪਵਨ ਦ੍ਰਿੜੁ ਸੁਖਮਨ ਨਾਰੀ ॥ਰਹਾਉ॥

ਅਰਥ :—ਇਹੋ ਜਿਹਾ ਗਿਆਨ ਪ੍ਰਭੂ ਆਪ ਹੀ ਪਰਗਟ ਕਰਦਾ ਹੈ (ਪ੍ਰਭੂ ਨਾਲ ਮਿਲਾਪ ਵਾਲਾ ਸੁਆਦ ਪ੍ਰਭੂ ਆਪ ਹੀ ਬਖ਼ਸ਼ਦਾ ਹੈ, ਤਾਂ ਤੇ) ਹੇ ਮਨ ! ਸੁਆਦ ਸੁਆਦ ਨਾਮ ਜਪ—ਇਹੀ ਹੈ ਸੁਖਮਨਾ ਨਾੜੀ ਦਾ ਅੱਭਿਆਸ ।

ਸ਼ਬਦ ਦਾ ਭਾਵ : ਪ੍ਰਭੂ ਦੀ ਕਿਰਪਾ ਨਾਲ ਜੋ ਮਨੁੱਖ ਪੂਰਨ ਗੁਰੂ ਦਾ ਉਪਦੇਸ਼ ਲੈ ਕੇ 'ਸਿਮਰਨ' ਕਰਦਾ ਹੈ, ਉਹ ਸਦਾ ਆਪਣੇ ਅੰਤਰ-ਆਤਮੇ ਨਾਮ-ਅੰਮ੍ਰਿਤ ਵਿਚ ਚੁੱਭੀ ਲਾਈ ਰੱਖਦਾ ਹੈ, ਤੇ ਸਦਾ ਪ੍ਰਭੂ ਵਿਚ ਹੀ ਜੁੜਿਆ ਰਹਿੰਦਾ ਹੈ ।

(੨੨) ਗਉੜੀ—੨੭

ਉਆ ਕਉ ਕਹੀਐ ਸਹਜ ਮਤਵਾਰਾ ॥ ਪੀਵਤ ਰਾਮ ਰਸੁ ਗਿਆਨ ਬੀਚਾਰਾ ॥੧॥ਰਹਾਉ॥

ਭਾਵ : ਜਿਸ ਮਨੁੱਖ ਨੇ ਆਪਣੀ ਸੁਰਤ ਮਾਇਆ ਤੋਂ ਉੱਚੀ ਕਰ ਕੇ ਰਾਮ-ਰਸ ਪੀਤਾ ਹੈ, ਉਸ ਨੂੰ ਕੁਦਰਤੀ ਤੌਰ ਤੇ ਮਸਤ ਹੋਇਆ ਆਖੀਦਾ ਹੈ ।

ਸ਼ਬਦ ਦਾ ਭਾਵ : ਨਾਮ ਸਿਮਰਦਿਆਂ ਸਿਮਰਦਿਆਂ ਮਨ ਮਾਇਆ ਵਿਚ ਡੋਲਣੋਂ ਹਟ ਜਾਂਦਾ ਹੈ; ਨਾਮ ਵਿਚ ਜੁੜੇ ਰਹਿਣ ਦੀ ਲਗਨ ਵਧਦੀ ਜਾਂਦੀ ਹੈ, ਸਰੀਰ ਦਾ ਮੋਹ ਮਿਟ ਜਾਂਦਾ ਹੈ, ਤੇ ਮਨੁੱਖਾ ਜੀਵਨ ਦੀ ਅਸਲੀਅਤ ਦੀ ਅਸਲ ਸੂਝ ਪੈ ਜਾਂਦੀ ਹੈ ।

ਨੋਟ :—'ਰਹਾਉ' ਦੇ ਬੰਦ ਨੂੰ ਸਾਹਮਣੇ ਰੱਖ ਕੇ ਸਾਰੇ ਸ਼ਬਦ ਦੀ ਵਿਆਖਿਆ ਟੀਕੇ ਵਿਚ ਪੜ੍ਹੋ ।

(੨੩) ਕੇਦਾਰਾ—੩

ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ, ਤੇ ਸਾਰੇ ਸ਼ਬਦ ਵਿਚ ਉਸ ਦਾ ਵਿਸਥਾਰ ਹੁੰਦਾ ਹੈ ।

ਬੋਲਹੁ ਭਈਆ ਰਾਮ ਕੀ ਦੁਹਾਈ ॥ ਪੀਵਹੁ ਸੰਤ ਸਦਾ ਮਤਿ ਦੁਰਲਭ, ਸਹਜੇ ਪਿਆਸ ਬੁਝਾਈ ॥੧॥ਰਹਾਉ॥

ਅਰਥ :—ਹੇ ਭਾਈ ! ਮੁੜ ਮੁੜ ਪ੍ਰਭੂ ਦੇ ਨਾਮ ਦਾ ਜਾਪ ਜਪੋ । ਹੇ ਸੰਤ ਜਨੋ ! (ਪ੍ਰਭੂ ਦੇ ਨਾਮ ਦਾ ਜਾਪ-ਰੂਪ ਅੰਮ੍ਰਿਤ) ਪੀਵੋ । (ਇਸ ਨਾਮ-ਰੂਪ ਅੰਮ੍ਰਿਤ ਦੇ ਪੀਣ ਨਾਲ) ਤੁਹਾਡੀ ਮਤ ਸਦਾ ਲਈ ਐਸੀ ਬਣ ਜਾਇਗੀ, ਜੋ ਮੁਸ਼ਕਲ ਨਾਲ ਬਣਿਆ ਕਰਦੀ ਹੈ; (ਇਹ ਅੰਮ੍ਰਿਤ) ਸਹਿਜ ਅਵਸਥਾ ਵਿਚ (ਅਪੜਾ ਕੇ, ਮਾਇਆ ਦੀ) ਪਿਆਸ ਬੁਝਾ ਦੇਂਦਾ ਹੈ ।੧।ਰਹਾਉ।

ਇਸ 'ਰਾਮ ਕੀ ਦੁਹਾਈ' ਦੀ ਬਰਕਤ ਨਾਲ ਜੋ ਤਬਦੀਲੀ ਆਉਂਦੀ ਹੈ ਉਸ ਦਾ ਜ਼ਿਕਰ ਸ਼ਬਦ ਦੇ ਚਾਰੇ ਬੰਦਾਂ ਵਿਚ ਹੈ, ਕਿ

'ਉਲਟੋ ਪਵਨੁ ਫਿਰਾਵਉ'—ਮੈਂ ਆਪਣੇ ਵਿੰਗੇ ਜਾਂਦੇ ਚੰਚਲ ਮਨ ਨੂੰ (ਮਾਇਆ ਵਲੋਂ) ਵਰਜ ਰਿਹਾ ਹਾਂ ।

'ਰਾਮ ਕੀ ਦੁਹਾਈ' ਦਾ ਸਦਕਾ 'ਤ੍ਰਿਕੁਟੀ ਛੂਟੈ'—ਮਨ ਦੀ ਖਿੱਝ ਦੂਰ ਹੁੰਦੀ ਹੈ, ਮੱਥੇ ਦੀ ਤ੍ਰਿਉੜੀ ਹਟ ਜਾਂਦੀ ਹੈ; 'ਦਸਵਾ ਦਰੁ ਖੂਲੈ'—ਦਿਮਾਗ਼ ਖੁਲ੍ਹ ਜਾਂਦਾ ਹੈ, ਪ੍ਰਭੂ-ਚਰਨਾਂ ਨਾਲ ਸੰਬੰਧ ਪੈਦਾ ਕਰ ਲੈਂਦਾ ਹੈ ।

ਨੋਟ—ਕਿਸੇ ਜੋਗੀ ਨਾਲ ਵਿਚਾਰ ਹੋਣ ਕਰਕੇ ਲਫ਼ਜ਼ ਤਾਂ ਜੋਗੀਆਂ ਵਾਲੇ ਵਰਤੇ ਹਨ, ਪਰ ਇਹ ਸਾਰੀ ਤਬਦੀਲੀ 'ਰਾਮ ਕੀ ਦੁਹਾਈ' ਦੇ ਕਾਰਨ ਹੈ, ਸਿਮਰਨ ਦਾ ਸਦਕਾ ਹੈ । ਇੱਥੇ ਭੀ ਜੋਗੀਆਂ ਦੇ ਸ਼ਰਾਬ ਦੀ ਨਿਖੇਧੀ ਕੀਤੀ ਹੈ, ਤਾਹੀਏਂ ਲਫ਼ਜ਼ ਕਲਵਾਰਿ, ਭਾਠੀ, ਖੀਵਾ ਆਦਿਕ ਵਰਤੇ ਹੋਏ ਹਨ ।

'ਰਹਾਉ' ਦੀ ਤੁਕ ਨੂੰ ਸਾਹਮਣੇ ਰੱਖ ਕੇ ਸਾਰੇ ਸ਼ਬਦ ਦਾ ਅਰਥ ਟੀਕੇ ਵਿਚ ਪੜ੍ਹੋ ।

(੨੪) ਸਿਰੀਰਾਗੁ—੩

'ਰਹਾਉ ਦੀਆਂ ਤੁਕਾਂ ਵਿਚ ਸ਼ਬਦ ਦਾ ਮੁੱਖ-ਭਾਵ ਹੋਇਆ ਕਰਦਾ ਹੈ । ਇਸ ਸ਼ਬਦ ਦੀਆਂ 'ਰਹਾਉ' ਦੀਆਂ ਤੁਕਾਂ ਗਹੁ ਨਾਲ ਵਿਚਾਰੋ । ਪ੍ਰਭੂ ਦੇ ਮਿਲਾਪ ਦੀ ਵੱਜ ਰਹੀ ਜਿਸ ਤਾਰ ਦਾ ਇੱਥੇ ਜ਼ਿਕਰ ਹੈ, ਸਾਰੇ ਸ਼ਬਦ ਵਿਚ ਉਸੇ ਦੀ ਵਿਆਖਿਆ ਹੈ ।

ਰਾਜਾ ਰਾਮ ਅਨਹਦ ਕਿੰਗੁਰੀ ਬਾਜੈ ॥ ਜਾ ਕੀ ਦਿਸਟਿ ਨਾਦ ਲਿਵ ਲਾਗੈ ॥੧॥ਰਹਾਉ॥

ਸ਼ਬਦ ਦਾ ਭਾਵ :—ਗੁਰੂ ਦੇ ਸ਼ਬਦ ਵਿਚ ਜੁੜਨ ਨਾਲ ਮਨ ਵਿਚ ਪ੍ਰਭੂ ਦੇ ਮਿਲਾਪ ਦੀ ਤਾਰ ਵੱਜਣ ਲੱਗ ਪੈਂਦੀ ਹੈ । ਉਸ ਸੁਆਦ ਦਾ ਅਸਲ ਸਰੂਪ ਦੱਸਿਆ ਨਹੀਂ ਜਾ ਸਕਦਾ, ਪਰ ਦਿਮਾਗ਼ ਤੇ ਹਿਰਦਾ ਉਸੇ ਦੇ ਸਿਮਰਨ ਤੇ ਪਿਆਰ ਵਿਚ ਭਿੱਜੇ ਰਹਿੰਦੇ ਹਨ; ਸੁਆਸ ਸੁਆਸ ਯਾਦ ਵਿਚ ਬੀਤਦਾ ਹੈ, ਸਾਰੇ ਜਗਤ ਵਿਚ ਪ੍ਰਭੂ ਹੀ ਸਭ ਤੋਂ ਵੱਡਾ ਦਿੱਸਦਾ ਹੈ, ਕੇਵਲ ਉਸ ਦੇ ਪਿਆਰ ਵਿਚ ਹੀ ਮਨ ਮਸਤ ਰਹਿੰਦਾ ਹੈ ।

(੨੫) ਰਾਮਕਲੀ—੧੦

ਨੋਟ—ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੈ । ਇਸ ਕੇਂਦਰੀ-ਭਾਵ ਨੂੰ ਸਾਰੇ ਸ਼ਬਦ ਵਿਚ ਵਿਸਥਾਰ ਨਾਲ ਬਿਆਨ ਕੀਤਾ ਹੈ । 'ਰਹਾਉ' ਵਿਚ ਦੱਸਿਆ ਹੈ :—

ਪਵਨਪਦਿ ਉਨਮਨਿ ਰਹਨੁ ਖਰਾ ॥ ਨਹੀ ਮਿਰਤੁ ਨ ਜਨਮੁ ਜਰਾ ॥੧॥ਰਹਾਉ॥

ਭਾਵ :—ਜੀਵਾਤਮਾ ਦੀ ਸਭ ਤੋਂ ਉੱਚੀ ਅਵਸਥਾ ਉਹ ਹੈ ਜਦੋਂ ਇਹ 'ਉਨਮਨ' ਵਿਚ ਅੱਪੜਦਾ ਹੈ ਇਸ ਅਵਸਥਾ ਨੂੰ ਜਨਮ ਮਰਨ ਤੇ ਬੁਢੇਪਾ ਪੋਹ ਨਹੀਂ ਸਕਦੇ ।

ਇਸ ਅਵਸਥਾ ਦੀ ਹੋਰ ਸਾਰੀ ਹਾਲਤ ਸਾਰੇ ਸ਼ਬਦ ਵਿਚ ਦੱਸੀ ਗਈ ਹੈ, ਤੇ ਇਹ ਸਾਰੀ ਹਾਲਤ ਉਸੇ ਕੇਂਦਰੀ ਤਬਦੀਲੀ ਦਾ ਨਤੀਜਾ ਹੈ । 'ਗਗਨ, ਭੁਅੰਗ, ਸਸਿ, ਸੂਰ, ਕੁੰਭਕ' ਆਦਿਕ ਲਫ਼ਜ਼ਾਂ ਦੀ ਰਾਹੀਂ ਜੋ ਹਾਲਤ ਬਿਆਨ ਕੀਤੀ ਗਈ ਹੈ ਇਹ ਸਾਰੀ 'ਉਨਮਨ' ਵਿਚ ਅੱਪੜੇ ਹੋਏ ਦੇ ਨਤੀਜੇ ਵਜੋਂ ਹੈ । ਪਹਿਲਾਂ ਆਤਮਾ 'ਉਨਮਨ' ਵਿਚ ਅੱਪੜਿਆ ਹੈ, ਤੇ ਵੇਖਣ ਨੂੰ ਜੋ ਉਸ ਦੇ ਬਾਹਰਲੇ ਚਿਹਨ ਚੱਕ੍ਰ ਬਣੇ ਹਨ, ਉਹਨਾਂ ਦਾ ਬਿਆਨ ਸਾਰੇ ਸ਼ਬਦ ਵਿਚ ਹੈ । ਖੁਲ੍ਹੇ ਲਫ਼ਜ਼ਾਂ ਵਿਚ ਇਉਂ ਕਹਿ ਲਵੋ ਕਿ ਇੱਥੇ ਇਹ ਜ਼ਿਕਰ ਨਹੀਂ ਕਿ 'ਗਗਨ, ਭੁਅੰਗ, ਸਸਿ, ਸੂਰ' ਆਦਿਕ ਵਾਲੇ ਸਾਧਨ ਕਰਨ ਦਾ ਸਿੱਟਾ ਨਿਕਲਿਆ 'ਉਨਮਨ' । ਸਗੋਂ 'ਉਨਮਨ' ਦੀ ਅਮਲੀ ਵਰਤੋਂ ਦਾ ਹਾਲ ਹੈ । ਇਹ 'ਉਨਮਨ' ਕਿਵੇਂ ਬਣੀ?

ਬਕਤੈ ਬਕਿ ਸਬਦੁ ਸੁਨਾਇਆ ॥ ਸੁਨਤੈ ਸੁਨਿ ਮੰਨਿ ਬਸਾਇਆ ॥ ਕਰਿ ਕਰਤਾ ਉਤਰਸਿ ਪਾਰੰ ॥ ਕਹੈ ਕਬੀਰਾ ਸਾਰੰ ॥੪॥੧॥੧੦॥

ਭਾਵ :—ਕਬੀਰ ਆਖਦਾ ਹੈ (ਕਿ ਇਸ ਸਾਰੀ ਤਬਦੀਲੀ ਵਿਚ) ਅਸਲ ਰਾਜ਼ ਦੀ ਗੱਲ (ਇਹ ਹੈ)—ਉਪਦੇਸ਼ ਕਰਨ ਵਾਲੇ ਸਤਿਗੁਰੂ ਨੇ, ਜਿਸ ਨੂੰ ਆਪਣਾ ਸ਼ਬਦ ਸੁਣਾਇਆ, ਜੇ ਉਸ ਨੇ ਗਹੁ ਨਾਲ ਸੁਣ ਕੇ ਆਪਣੇ ਮਨ ਵਿਚ ਵਸਾ ਲਿਆ, ਤਾਂ ਪਰਮਾਤਮਾ ਦਾ ਸਿਮਰਨ ਕਰ ਕੇ ਉਹ ਪਾਰ ਲੰਘ ਗਿਆ ।

ਨੋਟ—ਸਾਰੇ ਸ਼ਬਦ ਦੇ ਅਰਥ ਟੀਕੇ ਵਿਚ ਪੜ੍ਹੋ ।

(੨੬) ਗਉੜੀ—੪੭

ਮੇਰੇ ਮਨ ਮਨ ਹੀ ਉਲਟਿ ਸਮਾਨਾ ॥ ਗੁਰ ਪਰਸਾਦਿ ਅਕਲਿ ਭਈ ਅਵਰੈ, ਨਾਤਰੁ ਥਾ ਬੇਗਾਨਾ ॥੧॥ਰਹਾਉ॥

ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੀ ਹੋਇਆ ਕਰਦਾ ਹੈ । ਇੱਥੇ 'ਰਹਾਉ' ਵਿਚ ਮਨ ਨੂੰ ਸੰਬੋਧਨ ਕੀਤਾ ਹੈ ਤੇ ਆਖਿਆ ਹੈ—ਹੇ ਮੇਰੇ ਮਨ! ਜੀਵ ਪਹਿਲਾਂ ਤਾਂ ਪ੍ਰਭੂ ਤੋਂ ਓਪਰਾ ਓਪਰਾ ਰਹਿੰਦਾ ਹੈ, ਸਤਿਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਸਮਝ ਹੋਰ ਤਰ੍ਹਾਂ ਦੀ ਹੋ ਜਾਂਦੀ ਹੈ, ਉਹ ਆਪਣੇ ਮਨ ਦੀ ਵਿਕਾਰਾਂ ਵਲ ਦੀ ਦੌੜ ਨੂੰ ਹੀ ਪਰਤਾ ਕੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ । ਸੋ, ਇਸ ਮੁੱਖ ਭਾਵ ਨੂੰ ਸਾਹਮਣੇ ਰੱਖਿਆਂ, ਇਸ ਸ਼ਬਦ ਦੇ ਪਹਿਲੇ ਬੰਦ ਵਿਚ ਦਿੱਤੇ ਹੋਏ ਛੇ ਚੱਕ੍ਰਾਂ ਦੇ ਵਿੰਨ੍ਹਣ ਤੋਂ ਇਹ ਮਤਲਬ ਕਦੇ ਭੀ ਨਹੀਂ ਨਿਕਲ ਸਕਦਾ ਕਿ ਕਬੀਰ ਜੀ ਜੋਗ-ਸਮਾਧੀ ਦੀ ਪ੍ਰੋੜ੍ਹਤਾ ਕਰ ਰਹੇ ਹਨ । ਉਹ ਤਾਂ ਸਗੋਂ ਕਹਿ ਰਹੇ ਹਨ ਕਿ ਗੁਰੂ ਦੀ ਸ਼ਰਨ ਆ ਕੇ ਮਨ ਨੂੰ ਮਾਇਆ ਵਲੋਂ ਰੋਕਣ ਵਾਲੇ ਮਨੁੱਖ ਦੇ ਛੇ ਚੱਕ੍ਰ ਵਿੱਝ ਗਏ ਸਮਝੋ । ਨਰਮ ਜਿਹੇ ਲਫ਼ਜ਼ਾਂ ਵਿਚ ਕਹਿ ਰਹੇ ਹਨ ਕਿ ਇਹਨਾਂ ਛੇ ਚੱਕ੍ਰਾਂ ਨੂੰ ਵਿੰਨ੍ਹਣ ਦੀ ਲੋੜ ਹੀ ਨਹੀਂ ਹੈ ।

ਸ਼ਬਦ ਦਾ ਭਾਵ :

ਜਦੋਂ ਸਤਿਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮਨੁੱਖ ਦੀ ਸਮਝ ਵਿਚ ਤਬਦੀਲੀ ਆਉਂਦੀ ਹੈ ਤਾਂ ਇਸ ਦਾ ਮਨ ਵਿਕਾਰਾਂ ਵਲੋਂ ਹਟਦਾ ਹੈ ਤੇ ਇਸ ਦੀ ਸੁਰਤਿ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਜੁੜਦੀ ਹੈ । ਜਿਉਂ ਜਿਉਂ ਪ੍ਰਭੂ ਦੀ ਯਾਦ ਅਤੇ ਪ੍ਰਭੂ ਦਾ ਪਿਆਰ ਹਿਰਦੇ ਵਿਚ ਵਧਦਾ ਹੈ, ਜੀਵਨ ਵਿਚ ਇਕ ਅਜੀਬ ਸਰੂਰ ਪੈਦਾ ਹੁੰਦਾ ਹੈ; ਪਰ ਉਹ ਸਰੂਰ ਬਿਆਨ ਨਹੀਂ ਹੋ ਸਕਦਾ ।

ਨੋਟ—ਸ਼ਬਦ ਦਾ ਅਰਥ ਟੀਕੇ ਵਿਚ ਪੜ੍ਹੋ ।

ਭਗਤ-ਬਾਣੀ ਦੇ ਵਿਰੋਧੀ ਸੱਜਣ ਜੀ 'ਜੋਗਾ-ਅਭਿਆਸ' ਦੇ ਸਿਰ-ਲੇਖ ਹੇਠ ਭਗਤ ਕਬੀਰ ਜੀ ਬਾਰੇ ਇਉਂ ਲਿਖਦੇ ਹਨ—'ਕਬੀਰ ਜੀ ਜੋਗਾ-ਅੱਭਿਆਸ ਦੇ ਪੱਕੇ ਸ਼ਰਧਾਲੂ ਸਨ । ਰਾਜ ਜੋਗ ਗੁਰੂ ਮਾਰਗ ਥੀਂ ਸੱਖਣੇ ਸਨ, ਜਿਵੇਂ ਕਿ ਆਪ ਦੀ ਰਚਨਾ ਤੋਂ ਸਿੱਧ ਹੁੰਦਾ ਹੈ ।'

ਇਸ ਤੋਂ ਅੱਗੇ ਵਿਰੋਧੀ ਸੱਜਣ ਜੀ ਨੇ ਕਬੀਰ ਜੀ ਦੀ ਬਾਣੀ ਵਿਚੋਂ ਕੁਝ ਸ਼ਬਦਾਂ ਦੇ ਹਵਾਲੇ ਦਿੱਤੇ ਹਨ । ਇਹਨਾਂ ਦੇ ਕੀਤੇ ਇਤਰਾਜ਼ਾਂ ਉੱਤੇ ਵਿਚਾਰ ਟੀਕੇ ਵਿਚ ਹਰੇਕ ਸ਼ਬਦ ਦੇ ਅਰਥ ਦੇਣ ਵੇਲੇ ਹੀ ਕੀਤੀ ਜਾਇਗੀ । ਇਥੇ ਸਿਰਫ਼ ਇਤਨੀ ਹੀ ਬੇਨਤੀ ਕੀਤੀ ਜਾਂਦੀ ਹੈ ਕਿ ਜਿਸ ਕਬੀਰ ਜੀ ਨੂੰ ਇਹ ਸੱਜਣ ਜੀ 'ਗੁਰੂ

ਮਾਰਗ ਥੀਂ ਸੱਖਣੇ' ਸਮਝ ਰਹੇ ਹਨ, ਉਹਨਾਂ ਦੀ ਬਾਬਤ ਸ੍ਰੀ ਗੁਰੂ ਅਮਰਦਾਸ ਜੀ ਇਉਂ ਫ਼ੁਰਮਾਂਦੇ ਹਨ :

ਨਾਮਾ ਛੀਬਾ ਕਬੀਰੁ ਜੋੁਲਾਹਾ, ਪੂਰੇ ਗੁਰ ਤੇ ਗਤਿ ਪਾਈ ॥
ਬ੍ਰਹਮ ਕੇ ਬੇਤੇ ਸਬਦੁ ਪਛਾਣਹਿ, ਹਉਮੈ ਜਾਤਿ ਗਵਾਈ ॥
ਸੁਰਿ ਨਰ ਤਿਨ ਕੀ ਬਾਣੀ ਗਾਵਹਿ, ਕੋਇ ਨ ਮੇਟੈ ਭਾਈ ॥੩॥੫॥੨੨॥ {ਸਿਰੀ ਰਾਗੁ ਮਹਲਾ ੩, ਪੰਨਾ ੬੭

ਗੁਰੂ ਦਾ ਸ਼ਬਦ

ਜੈਸੇ ਬਿਨੁ ਲੋਚਨ, ਬਿਲੋਕੀਐ ਨ ਰੂਪੁ ਰੰਗੁ, ਸ੍ਰਵਣ ਬਿਹੂਨ, ਰਾਗੁ ਨਾਦੁ ਨ ਸੁਣੀਜੀਐ ॥ ਜੈਸੇ ਬਿਨੁ ਜਿਹਬਾ, ਨ ਉਚਰੈ ਸਬਦੁ, ਅਰੁ ਨਾਸਕਾ ਬਿਹੂਨ, ਬਾਸ ਬਾਸਨਾ ਨ ਲੀਜੀਐ ॥ ਜੈਸੇ ਬਿਨੁ ਕਰ, ਕਰਿ ਸਕੈ ਨ ਕਿਰਤ ਕਰਮ, ਚਰਨ ਬਿਹੂਨ, ਭਉਨ ਗਉਨੁ ਕਤ ਕੀਜੀਐ ॥ ਅਸਨ ਬਸਨ ਬਿਨੁ ਧੀਰਜੁ ਨ ਧਰੈ ਦੇਹ, ਬਿਨੁ ਗੁਰ-ਸਬਦ ਨਹ ਪ੍ਰੇਮ-ਰਸੁ ਪੀਜੀਐ ॥੫੩॥ {ਭਾਈ ਗੁਰਦਾਸ ਜੀ

ਪਦ ਅਰਥ :—ਲੋਚਨ—ਅੱਖਾਂ । ਬਿਲੋਕੀਐ ਨ —ਵੇਖਿਆ ਨਹੀਂ ਜਾ ਸਕਦਾ । ਸ੍ਰਵਣ—ਕੰਨ । ਬਿਹੂਨ—ਬਿਨਾ । ਨ ਉਚਰੈ—ਨਹੀਂ ਬੋਲ ਸਕਦਾ । ਅਰੁ—ਅਤੇ । ਨਾਸਕਾ—ਨੱਕ, ਨਾਸ । ਬਾਸ—ਸੁਗੰਧੀ । ਕਰ—ਹੱਥ । ਕਰਿ ਸਕੈ ਨ—ਕਰ ਨਹੀਂ ਸਕਦਾ । ਭਉਨ—ਧਰਤੀ । ਗਉਨ—ਰਟਨ । ਕਤ ਕੀਜੀਐ—ਕਿਥੇ ਕੀਤਾ ਜਾ ਸਕਦਾ ਹੈ? ਨਹੀਂ ਕੀਤਾ ਜਾ ਸਕਦਾ ।

ਅਸਨ—ਭੋਜਨ {ਅ_ੱ—ਟੋ ਏਓਟ} । ਬਸਨ—ਬਸਤ੍ਰ । ਦੇਹ—ਸਰੀਰ । ਨਹ ਪੀਜੀਐ—ਨਹੀਂ ਪੀਤਾ ਜਾ ਸਕਦਾ ।

ਸਿੱਖ ਦਾ ਲੱਛਣ

ਜੋਈ ਕੁਲਾ ਧਰਮ ਕਰਮ ਕੈ ਸੁਚਾਰ ਚਾਰ, ਸੋਈ ਪਰਵਾਰ ਵਿਖੈ ਸ੍ਰੇਸ਼ਟ ਬਖਾਨੀਐ ॥ ਬਨਜ-ਬਿਉਹਾਰਿ ਸਾਚੋ ਸ਼ਾਹ ਸਨਮੁਖ ਜੋਈ, ਸੋਈ ਤਉ ਬਨੌਟਾ ਨਿਹ-ਕਪਟ ਕੈ ਮਾਨੀਐ ॥ ਸੁਆਮੀ ਕਾਮ ਸਾਵਧਾਨ, ਮਾਨਤ ਨਰੇਸ਼, ਆਨਿ, ਸੋਈ ਸੁਆਮੀ-ਕਾਰਜੀ ਪ੍ਰਸਿੱਧੁ ਪਹਿਚਾਨੀਐ ॥ ਗੁਰ-ਉਪਦੇਸੁ ਪਰਵੇਸੁ ਰਿਦ ਅੰਤਰਿ ਹੈ, ਸਬਦਿ ਸੁਰਤਿ, ਸੋਈ ਸਿੱਖੁ ਜਗਿ ਜਾਨੀਐ ॥ {ਭਾਈ ਗੁਰਦਾਸ ਜੀ

ਪਦ ਅਰਥ :—ਜੋਈ—ਜਿਹੜੀ ਇਸਤ੍ਰੀ । ਕੈ—ਦੀ ਰਾਹੀਂ, ਵਿਚ । ਚਾਰ—ਸੁੰਦਰ । ਸੁਚਾਰ ਚਾਰ—ਸੋਹਣੇ ਸੁੱਚਜ ਵਾਲੀ । ਬਖਾਨੀਐ—ਆਖੀ ਜਾਂਦੀ ਹੈ । ਬਿਉਹਾਰਿ—ਵਿਹਾਰ ਵਿਚ । ਸਾਚੋ—ਸੱਚਾ, ਈਮਾਨਦਾਰ । ਸਨਮੁਖ—ਸਾਹਮਣੇ । ਜੋਈ—ਜਿਹੜਾ । ਬਨੌਟਾ—ਦਲਾਲ । ਨਿਹ-ਕਪਟ—ਕਪਟ-ਹੀਣ, ਈਮਾਨਦਾਰ । ਕੈ—ਕਰਿ, ਕਰ ਕੇ, ਜਾਣ ਕੇ । ਮਾਨੀਐ—ਮੰਨਿਆ ਜਾਂਦਾ ਹੈ, ਆਦਰ ਪਾਂਦਾ ਹੈ । ਕਾਮ—ਕੰਮਾਂ ਵਿਚ । ਸਾਵਧਾਨ—ਧਿਆਨ ਦੇਣ ਵਾਲਾ । ਨਰੇਸ਼—{ਨਰ-ਈਸ਼} ਰਾਜਾ । ਆਨਿ—ਲਿਆ ਕੇ । ਕਾਰਜੀ—ਕੰਮ ਕਰਨ ਵਾਲਾ । ਰਿਦ ਅੰਤਰਿ ਹੈ—(ਜਿਸ ਦੇ) ਹਿਰਦੇ ਵਿਚ ਹੈ । ਸਬਦਿ—ਸਬਦ ਵਿਚ । ਸੁਰਤਿ—ਧਿਆਨ । ਜਗਿ—ਜਗਤ ਵਿਚ । ਜਾਨੀਐ—ਜਾਣਿਆ ਜਾਂਦਾ ਹੈ ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧ ॥

ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ ॥੧॥ ਤੇਰੇ ਗੁਣ ਗਾਵਾ ਦੇਹਿ ਬੁਝਾਈ ॥ ਜੈਸੇ ਸਚ ਮਹਿ ਰਹਉ ਰਜਾਈ ॥੧॥ ਰਹਾਉ ॥ ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ ॥ ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ ॥੨॥ ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ ॥ ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ ॥੩॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥ ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ ॥੪॥੧॥ {ਪੰਨਾ ੭੯੫}

ਪਦ ਅਰਥ :—ਕਹਾ ਹਉ—ਮੈਂ ਆਖਦਾ ਹਾਂ । ਕਵਨ ਵਡਾਈ—ਕੋਈ ਵਡਿਆਈ ਨਹੀਂ । ਕਹਾ—ਮੈਂ ਆਖਦਾ ਹਾਂ ।੧।

ਗਾਵਾ—ਮੈਂ ਗਾਵਾਂ । ਬੁਝਾਈ—ਸਮਝ, ਅਕਲ । ਜੈਸੇ—ਜਿਸ ਤਰ੍ਹਾਂ, ਤਾਂ ਜੋ । ਰਹਉ—ਮੈਂ ਟਿਕਿਆ ਰਹਾਂ । ਰਜਾਈ—ਹੇ ਰਜ਼ਾ ਦੇ ਮਾਲਕ-ਪ੍ਰਭੂ! ।੧।ਰਹਾਉ।

ਤੁਝ ਤੇ—ਤੈਥੋਂ । ਅਸਨਾਈ—ਨਾਈ, ਵਡਿਆਈ {'ਸ˜ਾ' ਅਰਬੀ ਲਫ਼ਜ਼ ਹੈ, ਅਰਥ ਹੈ 'ਵਡਿਆਈ'} । ਨੋਟ :—ਜਦੋਂ ਕਿਸੇ ਲਫ਼ਜ਼ ਦੇ ਸ਼ੁਰੂ ਵਿਚ ਦੋ ਜੁੜਵੇਂ ਅੱਖਰ ਹੋਣ ਜਿਨ੍ਹਾਂ ਵਿਚ ਪਹਿਲਾ ਅੱਖਰ 'ਸ' ਹੋਵੇ, ਤਾਂ ਪੰਜਾਬੀ-ਉਚਾਰਨ ਵਿਚ ਉਹਨਾਂ ਦੋਹਾਂ ਅੱਖਰਾਂ ਨੂੰ ਵਖ ਵਖ ਕਰ ਕੇ 'ਸ' ਦੇ ਪਹਿਲਾਂ 'ਅ' ਵਰਤ ਲਈਦਾ ਹੈ । ਜਾਂ, 'ਸ' ਉਡਾ ਹੀ ਦੇਈਦਾ ਹੈ; ਜਿਵੇਂ :

(Ôਥਾਨ) ਸਾਨ—ਅਸਥਾਨ, ਥਾਨ
(Ôਤੰਭ) ਸœੰਭ—ਅਸਥੰਭ, ਥੰਭ, ਥੰਮ੍
(Ôਟੇ_ਨ) ਸ†ਸ਼ਨ—ਅਸਟੇਸ਼ਨ, ਟੇਸ਼ਨ
(Ôਨਾ) ਸ˜ਾ—ਅਸਨਾਈ, ਨਾਈ {ਅਰਬੀ ਲਫ਼ਜ਼}

ਸਾਹਿਬ—ਹੇ ਸਾਹਿਬ! ਚਤੁਰਾਈ—ਅਕਲ, ਚਲਾਕੀ ।੨।

ਹਉ—ਮੈਂ । ਕਥੀ—ਮੈਂ ਬਿਆਨ ਕਰਾਂ । ਕਥੇ ਕਥਿ—ਕਥਿ ਕਥਿ, ਕਥ ਕੇ ਕਥ ਕੇ । ਦੇਖਾ—ਮੈਂ ਵੇਖਦਾ ਹਾਂ । ਅਕਥੁ—ਜਿਸ ਦੇ ਗੁਣ ਕਹੇ ਨ ਜਾ ਸਕਣ । ਤਿਲੁ—ਰਤਾ ਕੁ ।੩।

ਏਤੇ—ਇਤਨੇ, ਅਨੇਕਾਂ । ਕੂਕਰ—ਕੁੱਤੇ, ਕਾਮਾਦਿਕ ਵਿਕਾਰ । ਬੇਗਾਨਾ—ਓਪਰਾ । ਭਉਕਾ—ਮੈਂ ਭੌਂਕਦਾ ਹਾਂ । ਇਸੁ ਤਨ ਤਾਈ—ਇਸ ਸਰੀਰ ਨੂੰ ਬਚਾਣ ਵਾਸਤੇ । ਖਸਮੈ ਨਾਉ—ਖਸਮ ਦਾ ਨਾਮ, ਖਸਮ ਦੀ ਬਜ਼ੁਰਗੀ, ਖਸਮ ਦੀ ਵਡਿਆਈ । ਨ ਜਾਈ—ਦੂਰ ਨਹੀਂ ਹੋ ਸਕਦੀ ।

ਨੋਟ :—ਕੋਈ ਓਪਰਾ ਕੁੱਤਾ ਕਿਸੇ ਪਿੰਡ ਵਿਚ ਚਲਾ ਜਾਏ, ਤਾਂ ਉਥੋਂ ਦੇ ਸਾਰੇ ਕੁੱਤੇ ਰਲ ਕੇ ਉਸ ਨੂੰ ਵੱਢਣ ਪੈਂਦੇ ਹਨ । ਉਹ ਵਿਚਾਰਾ ਆਪਣੇ ਆਪ ਨੂੰ ਉਹਨਾਂ ਤੋਂ ਬਚਾਣ ਲਈ ਮਾੜਾ ਮਾੜਾ ਭੌਂਕਦਾ ਹੈ । ਇਹ ਦ੍ਰਿਸ਼ਟਾਂਤ ਦੇ ਕੇ ਸਤਿਗੁਰੂ ਜੀ ਆਖਦੇ ਹਨ ਕਿ ਇਸ ਓਪਰੇ ਜਗਤ ਵਿਚ ਮੈਂ ਇਕੱਲਾ ਹਾਂ ਤੇ ਕਾਮਾਦਿਕ ਅਨੇਕਾਂ ਕੁੱਤੇ ਮੈਨੂੰ ਵੱਢਣ ਪੈ ਰਹੇ ਹਨ । ਇਹਨਾਂ ਤੋਂ ਬਚਣ ਲਈ ਮੈਂ ਤੇਰੇ ਦਰ ਤੇ ਤਰਲੇ ਲੈ ਰਿਹਾ ਹਾਂ, ਜਿਵੇਂ ਉਹ ਓਪਰਾ ਕੁੱਤਾ ਦੂਜੇ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ ।੪।

ਅਰਥ :—ਹੇ ਰਜ਼ਾ ਦੇ ਮਾਲਕ-ਪ੍ਰਭੂ ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ । ਮੈਨੂੰ (ਅਜੇਹੀ) ਸਮਝ ਬਖ਼ਸ਼ ਕਿ ਮੈਂ ਤੇਰੀ ਸਿਫ਼ਤਿ-ਸਾਲਾਹ ਕਰ ਸਕਾਂ, ਤੇ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮੈਂ ਤੇਰੇ (ਚਰਨਾਂ) ਵਿਚ ਟਿਕਿਆ ਰਹਿ ਸਕਾਂ ।੧।ਰਹਾਉ।

ਹੇ ਪ੍ਰਭੂ ! ਤੇਰੀ ਸਿਫ਼ਤਿ-ਸਾਲਾਹ ਕਰ ਕੇ ਮੈਂ ਤੇਰੀ ਵਡਿਆਈ ਨਹੀਂ ਕਰ ਰਿਹਾ, (ਇਹ ਤਾਂ ਇਉਂ ਹੀ ਹੈ ਕਿ) ਤੂੰ ਬਾਦਸ਼ਾਹ ਹੈਂ, ਤੇ ਮੈਂ ਤੈਨੂੰ ਮੀਆਂ ਆਖ ਰਿਹਾ ਹਾਂ । (ਪਰ ਇਤਨੀ ਕੁ ਸਿਫ਼ਤਿ-ਸਾਲਾਹ ਕਰਨੀ ਮੇਰੀ ਆਪਣੀ ਸਮਰੱਥਾ ਨਹੀਂ ਹੈ) ਹੇ ਮਾਲਕ-ਪ੍ਰਭੂ ! (ਸਿਫ਼ਤਿ-ਸਾਲਾਹ ਕਰਨ ਦਾ) ਜਿਤਨਾ ਕੁ ਬਲ ਤੂੰ ਦੇਂਦਾ ਹੈਂ ਮੈਂ ਉਤਨਾ ਕੁ ਤੇਰੇ ਗੁਣ ਆਖ ਲੈਂਦਾ ਹਾਂ । ਮੈਂ ਅੰਞਾਣ ਪਾਸੋਂ ਤੇਰੇ ਗੁਣ ਬਿਆਨ ਨਹੀਂ ਹੋ ਸਕਦੇ ।੧।

ਇਹ ਜਿਤਨਾ ਕੁ ਜਗਤ ਬਣਿਆ ਹੋਇਆ ਹੈ ਇਹ ਸਾਰਾ ਤੈਥੋਂ ਹੀ ਬਣਿਆ ਹੈ, ਇਹ ਸਾਰੀ ਤੇਰੀ ਹੀ ਬਜ਼ੁਰਗੀ ਹੈ । ਹੇ ਮਾਲਕ-ਪ੍ਰਭੂ ! ਮੈਂ ਤੇਰੇ ਗੁਣਾਂ ਦਾ ਅੰਤ ਨਹੀਂ ਜਾਣ ਸਕਦਾ । ਮੈਂ ਅੰਨ੍ਹਾ ਹਾਂ (ਤੁੱਛ-ਅਕਲ ਹਾਂ) ਮੇਰੇ ਵਿਚ ਕੋਈ ਐਸੀ ਸਿਆਣਪ ਨਹੀਂ ਹੈ (ਕਿ ਮੈਂ ਤੇਰੇ ਗੁਣਾਂ ਦਾ ਅੰਤ ਜਾਣ ਸਕਾਂ ।੨।

ਮੈਂ ਤੇਰੇ ਗੁਣ ਬਿਲਕੁਲ ਨਹੀਂ ਕਹਿ ਸਕਦਾ । ਤੇਰੇ ਗੁਣ ਆਖ ਆਖ ਕੇ ਜਦੋਂ ਮੈਂ ਵੇਖਦਾ ਹਾਂ (ਤਾਂ ਮੈਨੂੰ ਸਮਝ ਪੈਂਦੀ ਹੈ ਕਿ) ਤੇਰਾ ਸਰੂਪ ਬਿਆਨ ਤੋਂ ਪਰੇ ਹੈ, ਮੈਂ ਬਿਆਨ ਕਰਨ ਜੋਗਾ ਨਹੀਂ ਹਾਂ । ਤੇਰੀ ਰਤਾ ਮਾਤ੍ਰ ਵਡਿਆਈ ਭੀ ਜੇਹੜੀ ਮੈਂ ਆਖਦਾ ਹਾਂ ਉਹੀ ਆਖਦਾ ਹਾਂ ਜੋ ਤੈਨੂੰ ਭਾਉਂਦੀ ਹੈ (ਭਾਵ, ਜਿਤਨੀ ਕੁ ਤੂੰ ਬਿਆਨ ਕਰਨ ਲਈ ਆਪ ਹੀ ਸਮਝ ਦੇਂਦਾ ਹੈਂ) ।੩।

(ਹੇ ਪ੍ਰਭੂ ! ਇਥੇ ਕਾਮਾਦਿਕ) ਅਨੇਕਾਂ ਕੁੱਤੇ ਹਨ, ਮੈਂ (ਇਹਨਾਂ ਵਿਚ) ਓਪਰਾ (ਆ ਫਸਿਆ) ਹਾਂ, (ਜਿਤਨੀ ਕੁ ਤੇਰੀ ਸਿਫ਼ਤਿ-ਸਾਲਾਹ ਕਰਦਾ ਹਾਂ ਉਹ ਭੀ ਮੈਂ) ਆਪਣੇ ਇਸ ਸਰੀਰ ਨੂੰ (ਕਾਮਾਦਿਕ ਕੁੱਤਿਆਂ ਤੋਂ ਬਚਾਣ ਲਈ ਭੌਂਕਦਾ ਹੀ ਹਾਂ, ਜਿਵੇਂ ਓਪਰਾ ਕੁੱਤਾ ਵੈਰੀ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ) । (ਮੈਨੂੰ ਇਹ ਧਰਵਾਸ ਹੈ ਕਿ) ਜੇ (ਤੇਰਾ ਦਾਸ) ਨਾਨਕ ਭਗਤੀ ਤੋਂ ਸੱਖਣਾ ਹੈ (ਤਾਂ ਭੀ ਤੂੰ ਮੇਰੇ ਸਿਰ ਤੇ ਰਾਖਾ ਖਸਮ ਹੈਂ, ਤੇ ਤੈਂ) ਖਸਮ ਦੀ ਇਹ ਸੋਭਾ ਦੂਰ ਨਹੀਂ ਹੋ ਗਈ (ਕਿ ਤੂੰ ਮੁੱਢ ਕਦੀਮਾਂ ਤੋਂ ਸਰਨ ਆਏ ਦੀ ਸਹੈਤਾ ਕਰਦਾ ਆਇਆ ਹੈਂ) ।੪।੧।

ਬਿਲਾਵਲੁ ਮਹਲਾ ੧ ॥ ਮਨੁ ਮੰਦਰੁ ਤਨੁ ਵੇਸ ਕਲੰਦਰੁ ਘਟ ਹੀ ਤੀਰਥਿ ਨਾਵਾ ॥ ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ ਬਾਹੁੜਿ ਜਨਮਿ ਨ ਆਵਾ ॥੧॥ ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ ॥ ਕਉਣੁ ਜਾਣੈ ਪੀਰ ਪਰਾਈ ॥ ਹਮ ਨਾਹੀ ਚਿੰਤ ਪਰਾਈ ॥੧॥ ਰਹਾਉ ॥ ਅਗਮ ਅਗੋਚਰ ਅਲਖ ਅਪਾਰਾ ਚਿੰਤਾ ਕਰਹੁ ਹਮਾਰੀ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਘਟਿ ਘਟਿ ਜੋਤਿ ਤੁਮ੍ਾਰੀ ॥੨॥ ਸਿਖ ਮਤਿ ਸਭ ਬੁਧਿ ਤੁਮ੍ਾਰੀ ਮੰਦਿਰ ਛਾਵਾ ਤੇਰੇ ॥ ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ ॥੩॥ ਜੀਅ ਜੰਤ ਸਭਿ ਸਰਣਿ ਤੁਮ੍ਾਰੀ ਸਰਬ ਚਿੰਤ ਤੁਧੁ ਪਾਸੇ ॥ ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ ॥੪॥੨॥ {ਪੰਨਾ ੭੯੫}

ਪਦ ਅਰਥ :—ਮੰਦਰੁ—ਦੇਵਤੇ ਦਾ ਅਸਥਾਨ । ਤਨੁ—ਸਰੀਰ (ਭਾਵ, ਗਿਆਨ-ਇੰਦ੍ਰੇ) । ਵੇਸ ਕਲੰਦਰੁ—ਫ਼ਕੀਰੀ ਪਹਿਰਾਵੇ ਵਾਲਾ । ਕਲੰਦਰ—ਫ਼ਕੀਰ, ਰਮਤਾ ਫ਼ਕੀਰ । ਘਟ ਹੀ—ਘਟਿ ਹੀ, ਹਿਰਦੇ ਵਿਚ ਹੀ । ਤੀਰਥਿ—ਤੀਰਥ ਉਤੇ । ਨਾਵਾ—ਮੈਂ ਨ੍ਹਾਉਂਦਾ ਹਾਂ । ਏਕੁ ਸਬਦੁ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ । ਮੇਰੈ ਪ੍ਰਾਨਿ—ਮੇਰੀ ਜਿੰਦ ਵਿਚ । ਜਨਮਿ—ਜਨਮ ਵਿਚ । ਬਾਹੁੜਿ—ਮੁੜ, ਫਿਰ । ਆਵਾ—ਆਵਾਂਗਾ ।੧।

ਬੇਧਿਆ—ਵਿੱਝ ਗਿਆ ਹੈ । ਸੇਤੀ—ਨਾਲ । ਮੇਰੀ ਮਾਈ—ਹੇ ਮੇਰੀ ਮਾਂ ! ਕਉਣੁ ਜਾਣੈ—ਹੋਰ ਕੋਈ ਨਹੀਂ ਜਾਣਦਾ । ਪੀਰ—ਪੀੜ । ਚਿੰਤ ਪਰਾਈ—ਕਿਸੇ ਹੋਰ ਦੀ ਆਸ ।੧।ਰਹਾਉ।

ਅਗਮ—ਹੇ ਅਗੰਮ ! ਹੇ ਅਪਹੁੰਚ ! ਅਗੋਚਰੁ—ਅ-ਗੋ-ਚਰ, ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ । ਅਲਖ—ਅਦ੍ਰਿਸ਼ਟ । ਚਿੰਤਾ—ਫ਼ਿਕਰ, ਧਿਆਨ, ਸੰਭਾਲ । ਕਰਹੁ—ਤੁਸੀ ਕਰਦੇ ਹੋ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ । ਭਰਿਪੁਰਿ—ਭਰਪੂਰ, ਨਕਾ ਨਕ । ਘਟਿ—ਘਟ ਵਿਚ । ਘਟਿ ਘਟਿ—ਹਰੇਕ ਘਟ ਵਿਚ ।੨।

ਸਿਖ—ਸਿੱਖਿਆ । ਮਤਿ—ਅਕਲ । ਮੰਦਿਰ—ਜੀਵਾਂ ਦੇ ਮਨ (ਰੂਪ ਮੰਦਰ) । ਛਾਵਾ—ਸਰੀਰ । ਜਾਣਾ—ਮੈਂ ਜਾਣਦਾ । ਗਾਵਾ—ਮੈਂ ਗਾਂਦਾ ਹਾਂ ।੩।

ਸਭਿ—ਸਾਰੇ । ਚਿੰਤ—ਫ਼ਿਕਰ, ਸੰਭਾਲ । ਤੁਧੁ ਪਾਸੇ—ਤੇਰੇ ਪਾਸ, ਤੈਨੂੰ ਹੀ ।੪।

ਅਰਥ :—ਹੇ ਮੇਰੀ ਮਾਂ ! (ਮੇਰਾ) ਮਨ ਦਇਆ-ਦੇ-ਘਰ ਪ੍ਰਭੂ (ਦੇ ਚਰਨਾਂ) ਵਿਚ ਵਿੱਝ ਗਿਆ ਹੈ । ਹੁਣ ਮੈਂ (ਪ੍ਰਭੂ ਤੋਂ ਬਿਨਾ) ਕਿਸੇ ਹੋਰ ਦੀ ਆਸ ਨਹੀਂ ਰੱਖਦਾ, ਕਿਉਂਕਿ ਮੈਨੂੰ ਯਕੀਨ ਹੋ ਗਿਆ ਹੈ ਕਿ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਕਿਸੇ ਦੂਜੇ ਦਾ ਦੁੱਖ-ਦਰਦ ਸਮਝ ਨਹੀਂ ਸਕਦਾ ।੧।ਰਹਾਉ।

ਮੇਰਾ ਮਨ (ਪ੍ਰਭੂ-ਦੇਵ ਦੇ ਰਹਿਣ ਲਈ) ਮੰਦਰ (ਬਣ ਗਿਆ) ਹੈ, ਮੇਰਾ ਸਰੀਰ (ਭਾਵ, ਮੇਰਾ ਹਰੇਕ ਗਿਆਨ-ਇੰਦ੍ਰਾ ਮੰਦਰ ਦੀ ਜਾਤ੍ਰਾ ਕਰਨ ਵਾਲਾ) ਰਮਤਾ

ਸਾਧੂ ਬਣ ਗਿਆ ਹੈ (ਭਾਵ, ਮੇਰੇ ਗਿਆਨ-ਇੰਦ੍ਰੇ ਬਾਹਰ ਭਟਕਣ ਦੇ ਥਾਂ ਅੰਦਰ-ਵੱਸਦੇ ਪਰਮਾਤਮਾ ਵਲ ਪਰਤ ਪਏ ਹਨ), ਹੁਣ ਮੈਂ ਹਿਰਦੇ-ਤੀਰਥ ਉਤੇ ਹੀ ਇਸ਼ਨਾਨ ਕਰਦਾ ਹਾਂ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਮੇਰੀ ਜਿੰਦ ਵਿਚ ਟਿਕ ਗਿਆ ਹੈ (ਮੇਰੀ ਜਿੰਦ ਦਾ ਆਸਰਾ ਬਣ ਗਿਆ । ਇਸ ਵਾਸਤੇ ਮੈਨੂੰ ਯਕੀਨ ਹੋ ਗਿਆ ਹੈ ਕਿ) ਮੈਂ ਮੁੜ ਜਨਮ ਵਿਚ ਨਹੀਂ ਆਵਾਂਗਾ ।੧।

ਹੇ ਅਪਹੁੰਚ! ਹੇ ਅਗੋਚਰ! ਹੇ ਅਦ੍ਰਿਸ਼ਟ! ਹੇ ਬੇਅੰਤ ਪ੍ਰਭੂ! ਤੂੰ ਹੀ ਸਾਡੀ ਸਭ ਜੀਵਾਂ ਦੀ ਸੰਭਾਲ ਕਰਦਾ ਹੈਂ । ਤੂੰ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਨਕਾਨਕ ਵਿਆਪਕ ਹੈਂ, ਹਰੇਕ (ਜੀਵ ਦੇ) ਹਿਰਦੇ ਵਿਚ ਤੇਰੀ ਜੋਤਿ ਮੌਜੂਦ ਹੈ ।੨।

ਹੇ ਮੇਰੇ ਮਾਲਕ-ਪ੍ਰਭੂ! ਸਭ ਜੀਵਾਂ ਦੇ ਮਨ ਤੇ ਸਰੀਰ ਤੇਰੇ ਹੀ ਰਚੇ ਹੋਏ ਹਨ, ਸਿੱਖਿਆ ਅਕਲ ਸਮਝ ਸਭ ਜੀਵਾਂ ਨੂੰ ਤੈਥੋਂ ਹੀ ਮਿਲਦੀ ਹੈ । ਤੇਰੇ ਬਰਾਬਰ ਦਾ ਮੈਂ ਕਿਸੇ ਹੋਰ ਨੂੰ ਨਹੀਂ ਜਾਣਦਾ । ਮੈਂ ਨਿਤ ਤੇਰੇ ਹੀ ਗੁਣ ਗਾਂਦਾ ਹਾਂ ।੩।

ਸਾਰੇ ਜੀਵ ਜੰਤ ਤੇਰੇ ਹੀ ਆਸਰੇ ਹਨ, ਤੈਨੂੰ ਹੀ ਸਭ ਦੀ ਸੰਭਾਲ ਦਾ ਫ਼ਿਕਰ ਹੈ । ਨਾਨਕ ਦੀ (ਤੇਰੇ ਦਰ ਤੇ) ਸਿਰਫ਼ ਇਹੀ ਬੇਨਤੀ ਹੈ ਕਿ ਜੋ ਤੇਰੀ ਰਜ਼ਾ ਹੋਵੇ ਉਹ ਮੈਨੂੰ ਚੰਗੀ ਲੱਗੇ (ਮੈਂ ਸਦਾ ਤੇਰੀ ਰਜ਼ਾ ਵਿਚ ਰਾਜ਼ੀ ਰਹਾਂ) ।੪।੨।

ਬਿਲਾਵਲੁ ਮਹਲਾ ੧ ॥ ਆਪੇ ਸਬਦੁ ਆਪੇ ਨੀਸਾਨੁ ॥ ਆਪੇ ਸੁਰਤਾ ਆਪੇ ਜਾਨੁ ॥ ਆਪੇ ਕਰਿ ਕਰਿ ਵੇਖੈ ਤਾਣੁ ॥ ਤੂ ਦਾਤਾ ਨਾਮੁ ਪਰਵਾਣੁ ॥੧॥ ਐਸਾ ਨਾਮੁ ਨਿਰੰਜਨ ਦੇਉ ॥ ਹਉ ਜਾਚਿਕੁ ਤੂ ਅਲਖ ਅਭੇਉ ॥੧॥ ਰਹਾਉ ॥ ਮਾਇਆ ਮੋਹੁ ਧਰਕਟੀ ਨਾਰਿ ॥ ਭੂੰਡੀ ਕਾਮਣਿ ਕਾਮਣਿਆਰਿ ॥ ਰਾਜੁ ਰੂਪੁ ਝੂਠਾ ਦਿਨ ਚਾਰਿ ॥ ਨਾਮੁ ਮਿਲੈ ਚਾਨਣੁ ਅੰਧਿਆਰਿ ॥੨॥ ਚਖਿ ਛੋਡੀ ਸਹਸਾ ਨਹੀ ਕੋਇ ॥ ਬਾਪੁ ਦਿਸੈ ਵੇਜਾਤਿ ਨ ਹੋਇ ॥ ਏਕੇ ਕਉ ਨਾਹੀ ਭਉ ਕੋਇ ॥ ਕਰਤਾ ਕਰੇ ਕਰਾਵੈ ਸੋਇ ॥੩॥ ਸਬਦਿ ਮੁਏ ਮਨੁ ਮਨ ਤੇ ਮਾਰਿਆ ॥ ਠਾਕਿ ਰਹੇ ਮਨੁ ਸਾਚੈ ਧਾਰਿਆ ॥ ਅਵਰੁ ਨ ਸੂਝੈ ਗੁਰ ਕਉ ਵਾਰਿਆ ॥ ਨਾਨਕ ਨਾਮਿ ਰਤੇ ਨਿਸਤਾਰਿਆ ॥੪॥੩॥ {ਪੰਨਾ ੭੯੫-੭੯੬}

ਪਦ ਅਰਥ :—ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ । ਨੀਸਾਨੁ—ਪਰਵਾਨਾ, ਰਾਹਦਾਰੀ । ਸੁਰਤਾ—ਸੁਣਨ ਵਾਲਾ । ਜਾਨੁ—ਜਾਣਨ ਵਾਲਾ । ਕਰਿ ਕਰਿ—ਸ੍ਰਿਸ਼ਟੀ ਰਚ ਰਚ ਕੇ । ਵੇਖੈ—ਸੰਭਾਲ ਕਰਦਾ ਹੈ । ਤਾਣੁ—ਤਾਕਤ, ਬਲ । ਪਰਵਾਣੁ—ਕਬੂਲ ।੧।

ਐਸਾ—ਏਹੋ ਜੇਹਾ ਹੀ (ਭਾਵ, ਮਾਇਆ ਦੇ ਪ੍ਰਭਾਵ ਤੋਂ ਨਿਰਲੇਪ ਰੱਖਣ ਵਾਲਾ) । ਨਿਰੰਜਨ—ਹੇ ਨਿਰਲੇਪ ਪ੍ਰਭੂ! ਦੇਉ—ਪ੍ਰਕਾਸ਼-ਰੂਪ । ਹਉ—ਮੈਂ । ਜਾਚਿਕੁ—ਮੰਗਤਾ । ਅਲਖ—ਜਿਸ ਦਾ ਕੋਈ ਚਿਹਨ ਚੱਕ੍ਰ ਨਾਹ ਲੱਭ ਸਕੇ । ਅਭੇਉ—ਜਿਸ ਦਾ ਭੇਦ ਨਾ ਪਾਇਆ ਜਾ ਸਕੇ ।੧।ਰਹਾਉ।

ਧਰਕਟੀ ਨਾਰਿ—ਵਿਭਚਾਰਨ ਇਸਤ੍ਰੀ । ਭੂੰਡੀ—ਭੈੜੀ । ਕਾਮਣਿ—ਇਸਤ੍ਰੀ । ਕਾਮਣਿਆਰਿ—ਟੂਣੇ ਕਰਨ ਵਾਲੀ । ਝੂਠਾ—ਨਾਸਵੰਤ । ਦਿਨ ਚਾਰਿ—ਥੋੜ੍ਹੇ ਦਿਨ ਰਹਿਣ ਵਾਲਾ । ਅੰਧਿਆਰਿ—(ਮਾਇਆ ਦੇ ਮੋਹ ਦੇ) ਹਨੇਰੇ ਵਿਚ ।੨।

ਚਖਿ ਛੋਡੀ—ਪਰਖ ਵੇਖੀ ਹੈ {ਨੋਟ :—ਲਫ਼ਜ਼ 'ਛੋਡੀ' ਦਾ ਭਾਵ ਸਮਝਣ ਵਾਸਤੇ ਵੇਖੋ "ਰਾਗ ਆਸਾ ਪਟੀ ਮ: ੧" ਵਿਚ ਆਇਆ ਲਫ਼ਜ਼ 'ਛੋਡੀ'} । ਸਹਸਾ—ਸ਼ੱਕ । ਬਾਪੁ—ਪਿਉ । ਦਿਸੈ—ਹਰੇਕ ਨੂੰ ਪਤਾ ਹੋਵੇ, ਪ੍ਰਤੱਖ ਨਜ਼ਰੀਂ ਆਉਂਦਾ ਹੋਵੇ । ਵੇਜਾਤਿ—ਹਰਾਮੀ । ਏਕੇ ਕਉ—ਇੱਕ ਪ੍ਰਭੂ-ਪਿਤਾ ਵਾਲੇ ਨੂੰ ।੩।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ (ਜੁੜ ਕੇ) । ਮੁਏ—ਜੋ ਮਨੁੱਖ ਆਪਾ-ਭਾਵ ਵਲੋਂ ਮਰੇ ਹਨ । ਮਨ ਤੇ—ਮਨ ਤੋਂ, ਮਾਨਸਕ ਫੁਰਨਿਆਂ ਤੋਂ, ਮਾਇਕ ਫੁਰਨਿਆਂ ਵਲੋਂ । ਠਾਕਿ ਰਹੇ—ਠਾਕੇ ਰਹਿੰਦੇ ਹਨ, ਰੁਕੇ ਰਹਿੰਦੇ ਹਨ । ਸਾਚੈ—ਸੱਚੇ ਪ੍ਰਭੂ ਨੇ । ਧਾਰਿਆ—ਆਸਰਾ ਦਿੱਤਾ ਹੈ । ਵਾਰਿਆ—ਕੁਰਬਾਨ ਹੁੰਦੇ ਹਨ । ਨਾਮਿ—ਨਾਮ ਵਿਚ । ਰਤੇ—ਰੰਗੇ ਹੋਏ ।੪।

ਅਰਥ :—ਹੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਪ੍ਰਕਾਸ਼-ਰੂਪ ਪ੍ਰਭੂ! ਤੇਰਾ ਨਾਮ ਭੀ ਏਹੋ ਜੇਹਾ ਹੀ ਹੈ (ਜਿਹੋ ਜੇਹਾ ਤੂੰ ਆਪ ਹੈਂ । ਭਾਵ, ਤੇਰਾ ਨਾਮ ਭੀ ਮਾਇਆ ਦੇ ਮੋਹ ਤੋਂ ਬਚਾਂਦਾ ਹੈ) । ਹੇ ਪ੍ਰਭੂ! ਤੇਰਾ ਕੋਈ ਖ਼ਾਸ ਚਿਹਨ ਚੱਕ੍ਰ ਨਹੀਂ ਲੱਭ ਸਕਦਾ, ਤੇਰਾ ਭੇਦ ਨਹੀਂ ਪਾਇਆ ਜਾ ਸਕਦਾ । ਮੈਂ (ਤੇਰੇ ਦਰ ਤੇ) ਮੰਗਤਾ ਹਾਂ (ਤੇ ਤੈਥੋਂ ਤੇਰੇ ਨਾਮ ਦੀ ਦਾਤਿ ਮੰਗਦਾ ਹਾਂ) ।੧।ਰਹਾਉ।

(ਜਿਸ ਮਨੁੱਖ ਨੂੰ ਨਾਮ ਦੀ ਦਾਤਿ ਮਿਲ ਜਾਂਦੀ ਹੈ ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ ਪ੍ਰਭੂ) ਆਪ ਹੀ ਸਿਫ਼ਤਿ-ਸਾਲਾਹ ਹੈ (ਭਾਵ, ਜਿਥੇ ਉਸ ਦੀ ਸਿਫ਼ਤਿ-ਸਾਲਾਹ ਹੁੰਦੀ ਹੈ ਉਥੇ ਉਹ ਮੌਜੂਦ ਹੈ), ਆਪ ਹੀ (ਜੀਵ ਵਾਸਤੇ ਜੀਵਨ-ਸਫ਼ਰ ਵਿਚ) ਰਾਹਦਾਰੀ ਹੈ, ਪ੍ਰਭੂ ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣਨ ਵਾਲਾ ਹੈ, ਆਪ ਹੀ (ਜੀਵਾਂ ਦੇ ਦੁੱਖ-ਦਰਦ) ਜਾਣਨ ਵਾਲਾ ਹੈ । ਪ੍ਰਭੂ ਆਪ ਹੀ ਜਗਤ-ਰਚਨਾ ਰਚ ਕੇ ਆਪ ਹੀ ਆਪਣਾ (ਇਹ) ਬਲ ਵੇਖ ਰਿਹਾ ਹੈ ।

ਹੇ ਪ੍ਰਭੂ! ਤੂੰ (ਜੀਵਾਂ ਨੂੰ ਸਭ ਦਾਤਾਂ) ਦੇਣ ਵਾਲਾ ਹੈਂ, (ਜਿਸ ਨੂੰ ਤੂੰ ਆਪਣਾ ਨਾਮ ਬਖ਼ਸ਼ਦਾ ਹੈਂ, ਉਹ ਤੇਰੇ ਦਰ ਤੇ) ਕਬੂਲ ਹੋ ਜਾਂਦਾ ਹੈ ।੧।

(ਨਾਮ ਜਪਣ ਵਾਲੇ ਨੂੰ ਇਹ ਸਮਝ ਆ ਜਾਂਦੀ ਹੈ ਕਿ) ਮਾਇਆ ਦਾ ਮੋਹ ਇਕ ਵਿਭਚਾਰਨ ਇਸਤ੍ਰੀ ਦੇ ਮੋਹ ਸਮਾਨ ਹੈ, ਮਾਇਆ ਇਕ ਟੂਣੇ ਕਰਨ ਵਾਲੀ ਭੈੜੀ ਇਸਤ੍ਰੀ ਸਮਾਨ ਹੈ, ਦੁਨੀਆ ਦੀ ਹਕੂਮਤ ਤੇ ਸੁੰਦਰਤਾ ਨਾਸਵੰਤ ਹਨ, ਥੋੜੇ ਹੀ ਦਿਨ ਰਹਿਣ ਵਾਲੇ ਹਨ (ਪਰ ਇਹਨਾਂ ਦੇ ਅਸਰ ਹੇਠ ਮਨੁੱਖ ਜਹਾਲਤ ਦੇ ਹਨੇਰੇ ਵਿਚ ਜੀਵਨ ਵਿਚ ਜੀਵਨ-ਠੇਡੇ ਖਾਂਦਾ ਫਿਰਦਾ ਹੈ) । ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਮਿਲ ਜਾਂਦਾ ਹੈ, ਉਸ ਨੂੰ (ਮਾਇਆ ਦੇ ਮੋਹ ਦੇ) ਹਨੇਰੇ ਵਿਚ ਚਾਨਣ ਮਿਲ ਜਾਂਦਾ ਹੈ ।੨।

(ਇਹ ਗੱਲ ਚੰਗੀ ਤਰ੍ਹਾਂ) ਪਰਖ ਵੇਖੀ ਹੈ, ਜਿਸ ਵਿਚ ਕੋਈ ਸ਼ੱਕ ਨਹੀਂ ਕਿ ਜਿਸ ਦਾ ਪਿਉ ਪ੍ਰਤੱਖ ਦਿੱਸਦਾ ਹੋਵੇ ਉਹ ਭੈੜੇ ਅਸਲੇ ਵਾਲਾ ਨਹੀਂ ਅਖਵਾਂਦਾ (ਜੋ

ਮਨੁੱਖ ਆਪਣੇ ਸਿਰ ਉਤੇ ਪਿਤਾ-ਪ੍ਰਭੂ ਨੂੰ ਰਾਖਾ ਮੰਨਦਾ ਹੈ ਉਹ ਵਿਕਾਰਾਂ ਵਲ ਨਹੀਂ ਪਰਤਦਾ) । ਇੱਕ ਪ੍ਰਭੂ-ਪਿਤਾ ਵਾਲੇ ਨੂੰ (ਕਿਸੇ ਤੋਂ) ਕੋਈ ਡਰ ਨਹੀਂ ਰਹਿੰਦਾ (ਕਿਉਂਕਿ ਉਸ ਨੂੰ) ਯਕੀਨ ਬਣਿਆ ਰਹਿੰਦਾ ਹੈ ਕਿ) ਉਹ ਪਰਮਾਤਮਾ ਹੀ ਸਭ ਕੁਝ ਕਰਦਾ ਹੈ ਤੇ (ਜੀਵਾਂ ਪਾਸੋਂ) ਕਰਾਂਦਾ ਹੈ ।੩।

ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਾ-ਭਾਵ ਮੁਕਾਂਦੇ ਹਨ ਆਪਣੇ ਮਨ ਨੂੰ ਮਾਇਕ ਫੁਰਨਿਆਂ ਵਲੋਂ ਰੋਕ ਲੈਂਦੇ ਹਨ, ਉਹ ਵਿਕਾਰਾਂ ਵਲੋਂ ਰੁਕੇ ਰਹਿੰਦੇ ਹਨ ਕਿਉਂਕਿ ਸੱਚਾ ਕਰਤਾਰ ਉਹਨਾਂ ਦੇ ਮਨ ਨੂੰ (ਆਪਣੇ ਨਾਮ ਦਾ) ਆਸਰਾ ਦੇਂਦਾ ਹੈ । ਮੈਂ ਗੁਰੂ ਤੋਂ ਸਦਕੇ ਹਾਂ, ਉਸ ਤੋਂ ਬਿਨਾ ਕੋਈ ਹੋਰ ਐਸਾ ਨਹੀਂ (ਜੋ ਮਨ ਨੂੰ ਪ੍ਰਭੂ ਵਿਚ ਜੋੜਨ ਲਈ ਸਹਾਇਤਾ ਕਰੇ) ।

ਹੇ ਨਾਨਕ! ਪ੍ਰਭੂ-ਨਾਮ ਵਿਚ ਰੰਗੇ ਹੋਏ ਬੰਦਿਆਂ ਨੂੰ ਪ੍ਰਭੂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੪।੩।

ਬਿਲਾਵਲੁ ਮਹਲਾ ੧ ॥ ਗੁਰ ਬਚਨੀ ਮਨੁ ਸਹਜ ਧਿਆਨੇ ॥ ਹਰਿ ਕੈ ਰੰਗਿ ਰਤਾ ਮਨੁ ਮਾਨੇ ॥ ਮਨਮੁਖ ਭਰਮਿ ਭੁਲੇ ਬਉਰਾਨੇ ॥ ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ ॥੧॥ ਬਿਨੁ ਦਰਸਨ ਕੈਸੇ ਜੀਵਉ ਮੇਰੀ ਮਾਈ ॥ ਹਰਿ ਬਿਨੁ ਜੀਅਰਾ ਰਹਿ ਨ ਸਕੈ ਖਿਨੁ ਸਤਿਗੁਰਿ ਬੂਝ ਬੁਝਾਈ ॥੧॥ ਰਹਾਉ ॥ ਮੇਰਾ ਪ੍ਰਭੁ ਬਿਸਰੈ ਹਉ ਮਰਉ ਦੁਖਾਲੀ ॥ ਸਾਸਿ ਗਿਰਾਸਿ ਜਪਉ ਅਪੁਨੇ ਹਰਿ ਭਾਲੀ ॥ ਸਦ ਬੈਰਾਗਨਿ ਹਰਿ ਨਾਮੁ ਨਿਹਾਲੀ ॥ ਅਬ ਜਾਨੇ ਗੁਰਮੁਖਿ ਹਰਿ ਨਾਲੀ ॥੨॥ ਅਕਥ ਕਥਾ ਕਹੀਐ ਗੁਰ ਭਾਇ ॥ ਪ੍ਰਭੁ ਅਗਮ ਅਗੋਚਰੁ ਦੇਇ ਦਿਖਾਇ ॥ ਬਿਨੁ ਗੁਰ ਕਰਣੀ ਕਿਆ ਕਾਰ ਕਮਾਇ ॥ ਹਉਮੈ ਮੇਟਿ ਚਲੈ ਗੁਰ ਸਬਦਿ ਸਮਾਇ ॥੩॥ ਮਨਮੁਖੁ ਵਿਛੁੜੈ ਖੋਟੀ ਰਾਸਿ ॥ ਗੁਰਮੁਖਿ ਨਾਮਿ ਮਿਲੈ ਸਾਬਾਸਿ ॥ ਹਰਿ ਕਿਰਪਾ ਧਾਰੀ ਦਾਸਨਿ ਦਾਸ ॥ ਜਨ ਨਾਨਕ ਹਰਿ ਨਾਮ ਧਨੁ ਰਾਸਿ ॥੪॥੪॥ {ਪੰਨਾ ੭੯੬}

ਪਦ ਅਰਥ :—ਗੁਰ ਬਚਨੀ—ਗੁਰੂ ਦੇ ਬਚਨਾਂ ਦੀ ਰਾਹੀਂ, ਗੁਰੂ ਦੇ ਬਚਨਾਂ ਤੇ ਤੁਰਿਆਂ । ਸਹਜ ਧਿਆਨੇ—ਸਹਜ ਧਿਆਨਿ, ਅਡੋਲਤਾ ਦੀ ਸਮਾਧੀ ਵਿਚ । ਰੰਗਿ—ਰੰਗ ਵਿਚ, ਪਿਆਰ ਵਿਚ । ਮਾਨੇ—ਮੰਨ ਜਾਂਦਾ ਹੈ, ਪਰਚ ਜਾਂਦਾ ਹੈ । ਮਨਮੁਖ—ਆਪਣੇ ਮਨ ਵਲ ਮੂੰਹ ਰੱਖਣ ਵਾਲੇ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਭਰਮਿ—ਭਟਕਣਾ ਵਿਚ । ਬਉਰਾਨੇ—ਕਮਲੇ, ਝੱਲੇ । ਕਿਉ ਰਹੀਐ—ਨਹੀਂ ਰਹਿ ਸਕੀਦਾ । ਗੁਰ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਪਛਾਨੇ—ਪਛਾਣ, ਸਾਂਝ, ਮੇਲ-ਜੋਲ ।੧।

ਕੈਸੇ ਜੀਵਉ—ਮੈਂ ਨਹੀਂ ਜੀਊ ਸਕਦਾ । ਮਾਈ—ਹੇ ਮਾਂ! ਜੀਅਰਾ—ਨਿਮਾਣੀ ਜਿੰਦ । ਖਿਨੁ—ਰਤਾ ਕੁ ਸਮਾ ਭੀ । ਸਤਿਗੁਰਿ—ਸਤਿਗੁਰੂ ਨੇ । ਬੂਝ—ਅਕਲ, ਸਮਝ । ਬੁਝਾਈ—ਸਮਝਾ ਦਿੱਤੀ ਹੈ ।੧।ਰਹਾਉ।

ਹਉ ਮਰਉ—ਮੈਂ ਮਰਦੀ ਹਾਂ, ਮੇਰੀ ਜਿੰਦ ਵਿਆਕਲ ਹੋ ਜਾਂਦੀ ਹੈ । ਦੁਖਾਲੀ—ਦੁੱਖੀ । ਸਾਸਿ—ਇੱਕ ਸਾਹ ਨਾਲ । ਗਿਰਾਸਿ—ਇਕ ਗਿਰਾਹੀ ਨਾਲ । ਸਾਸਿ ਗਿਰਾਸਿ—ਇਕ ਇਕ ਸਾਹ ਤੇ ਗਿਰਾਹੀ ਨਾਲ, ਹਰ ਵੇਲੇ । ਭਾਲੀ—ਭਾਲੀਂ, ਮੈਂ ਭਾਲਦੀ ਹਾਂ, ਲੱਭਦੀ ਹਾਂ । ਬੈਰਾਗਨਿ—ਦੁਨੀਆ ਦੇ ਰਸਾਂ ਵਲੋਂ ਉਦਾਸ । ਨਿਹਾਲੀ—ਮੈਂ ਵੇਖਦੀ ਹਾਂ, ਨਜ਼ਰ ਰੱਖਦੀ ਹਾਂ । ਅਬ—ਹੁਣ । ਜਾਨੇ—ਜਾਣਿਆ ਹੈ, ਸਮਝ ਆਈ ਹੈ । ਗੁਰਮੁਖਿ—ਗੁਰੂ ਵਲ ਮੂੰਹ ਕੀਤਿਆਂ, ਗੁਰੂ ਦੀ ਰਾਹੀਂ । ਨਾਲੀ—ਨਾਲਿ, ਅੰਗ-ਸੰਗ ।੨।

ਅਕਥੁ—ਉਹ ਪ੍ਰਭੂ ਜਿਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ । ਅਕਥ ਕਥਾ—ਬੇਅੰਤ ਗੁਣਾਂ ਨਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਗੱਲ । ਕਹੀਐ—ਆਖੀ ਜਾ ਸਕਦੀ ਹੈ । ਭਾਉ—ਪ੍ਰੇਮ । ਭਾਇ—ਪ੍ਰੇਮ ਦੀ ਰਾਹੀਂ । ਗੁਰ ਭਾਇ—ਗੁਰੂ ਦੇ ਪ੍ਰੇਮ ਵਿਚ ਜੁੜਿਆਂ । ਦੇਇ ਦਿਖਇ—ਵਿਖਾਲ ਦੇਂਦਾ ਹੈ । ਗੁਰ ਕਰਣੀ—ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ । ਕਿਆ ਕਾਰ—ਹੋਰ ਕੋਈ ਕਾਰ ਨਹੀਂ । ਮੇਟਿ—ਮਿਟਾ ਕੇ । ਸਮਾਇ—ਲੀਨ ਹੋ ਕੇ ।੩।

ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਰਾਸਿ—ਪੂੰਜੀ । ਸਾਬਾਸਿ—ਸੋਭਾ । ਦਾਸਨਿ ਦਾਸ—ਦਾਸਾਂ ਦਾ ਦਾਸ, ਸੰਤ ਜਨਾਂ ਦਾ ਸੇਵਕ ।੪।

ਅਰਥ :—(ਜਦੋਂ ਤੋਂ) ਸਤਿਗੁਰੂ ਨੇ (ਮੈਨੂੰ) ਸੁਮਤਿ ਸਮਝਾ ਦਿੱਤੀ ਹੈ (ਤਦੋਂ ਤੋਂ) ਮੇਰੀ ਜਿੰਦ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੀ । ਹੇ ਮੇਰੀ ਮਾਂ! ਹੁਣ ਮੈਂ ਪ੍ਰਭੂ ਦੇ ਦਰਸ਼ਨ ਤੋਂ ਬਿਨਾ ਵਿਆਕੁਲ ਹੋ ਜਾਂਦੀ ਹਾਂ ।੧।ਰਹਾਉ।

ਗੁਰੂ ਦੇ ਬਚਨਾਂ ਉਤੇ ਤੁਰ ਕੇ ਜਿਨ੍ਹਾਂ ਦਾ ਮਨ ਅਡੋਲਤਾ ਦੀ ਸਮਾਧੀ ਲਾ ਲੈਂਦਾ ਹੈ (ਭਾਵ, ਵਿਕਾਰਾਂ ਵਲ ਡੋਲਣੋਂ ਹਟ ਜਾਂਦਾ ਹੈ) ਪਰਮਾਤਮਾ ਦੇ ਪ੍ਰੇਮ ਵਿਚ ਰੰਗਿਆ ਹੋਇਆ ਉਹ ਮਨ (ਪਰਮਾਤਮਾ ਦੀ ਯਾਦ ਵਿਚ ਹੀ) ਪਰਚਿਆ ਰਹਿੰਦਾ ਹੈ । (ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਝੱਲੇ ਹੋਏ ਭਟਕਣਾਂ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ । ਗੁਰੂ ਦੇ ਸ਼ਬਦ ਦੀ ਰਾਹੀਂ ਜਿਨ੍ਹਾਂ ਦੀ ਸਾਂਝ (ਪ੍ਰਭੂ ਨਾਲ) ਬਣ ਜਾਂਦੀ ਹੈ ਉਹ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੇ ।੧।

ਗੁਰੂ ਦੀ ਸ਼ਰਨ ਪੈ ਕੇ ਮੈਨੂੰ ਹੁਣ ਸਮਝ ਆਈ ਹੈ ਕਿ ਪਰਮਾਤਮਾ (ਹਰ ਵੇਲੇ) ਮੇਰੇ ਅੰਗ-ਸੰਗ ਹੈ, (ਹੁਣ ਜੇ ਕਦੇ) ਮੈਨੂੰ ਮੇਰਾ ਪ੍ਰਭੂ ਵਿੱਸਰ ਜਾਏ ਤਾਂ ਮੈਂ ਦੁੱਖੀ ਹੋ ਕੇ ਮਰਨ ਵਾਲੀ ਹੋ ਜਾਂਦੀ ਹਾਂ । ਮੈਂ ਇਕ ਇਕ ਸਾਹ ਤੇ ਗਿਰਾਹੀ ਦੇ ਨਾਲ (ਭੀ) ਆਪਣੇ ਪ੍ਰਭੂ ਨੂੰ ਯਾਦ ਕਰਦੀ ਹਾਂ ਤੇ ਉਸੇ ਨੂੰ ਭਾਲਦੀ ਰਹਿੰਦੀ ਹਾਂ । ਦੁਨੀਆ ਦੇ ਰਸਾਂ ਵਲੋਂ ਉਦਾਸ ਹੋ ਕੇ ਮੈਂ ਪ੍ਰਭੂ ਦੇ ਨਾਮ ਨੂੰ ਹੀ (ਆਪਣੀ ਨਿਗਾਹ ਵਿਚ) ਰੱਖਦੀ ਹਾਂ ।੨।

ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਗੁਰੂ ਦੇ ਅਨੁਸਾਰ ਰਿਹਾਂ ਹੀ ਕੀਤੀ ਜਾ ਸਕਦੀ ਹੈ । ਗੁਰੂ ਉਸ ਪ੍ਰਭੂ ਦਾ ਦੀਦਾਰ ਕਰਾ ਦੇਂਦਾ ਹੈ ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ । ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ ਤੋਂ ਬਿਨਾ (ਆਤਮਕ ਜੀਵਨ ਦੇ ਰਸਤੇ ਦੀ) ਕੋਈ ਹੋਰ ਕਾਰ ਕਰਨੀ ਵਿਅਰਥ ਹੈ । ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਆਪਣੀ ਹਉਮੈ ਦੂਰ ਕਰ ਕੇ (ਜੀਵਨ-ਰਾਹ ਤੇ) ਤੁਰਦਾ ਹੈ ।੩।

ਜੋ ਮਨੁੱਖ (ਗੁਰੂ ਦੇ ਦੱਸੇ ਰਾਹ ਉਤੇ ਤੁਰਨ ਦੇ ਥਾਂ) ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਪ੍ਰਭੂ ਤੋਂ ਵਿਛੁੜਿਆ ਰਹਿੰਦਾ ਹੈ, ਉਸ ਦੇ ਪੱਲੇ (ਆਤਮਕ ਜੀਵਨ-ਸਫ਼ਰ ਵਾਸਤੇ) ਖੋਟੀ ਪੂੰਜੀ ਹੈ । ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਉਸ ਨੂੰ ਸੋਭਾ ਮਿਲਦੀ ਹੈ ।

ਹੇ ਦਾਸ ਨਾਨਕ! ਪ੍ਰਭੂ ਮੇਹਰ ਕਰ ਕੇ ਜਿਸ ਨੂੰ ਆਪਣੇ ਸੇਵਕਾਂ ਦਾ ਦਾਸ ਬਣਾਂਦਾ ਹੈ, ਉਸ ਨੂੰ ਪ੍ਰਭੂ ਦਾ ਨਾਮ-ਧਨ ਮਿਲਦਾ ਹੈ, ਉਸ ਨੂੰ ਹਰਿ-ਨਾਮ ਦੀ ਪੂੰਜੀ

ਮਿਲਦੀ ਹੈ ।੪।੪।

ਬਿਲਾਵਲੁ ਮਹਲਾ ੩ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਧ੍ਰਿਗੁ ਧ੍ਰਿਗੁ ਖਾਇਆ, ਧ੍ਰਿਗੁ ਧ੍ਰਿਗੁ ਸੋਇਆ, ਧ੍ਰਿਗੁ ਧ੍ਰਿਗੁ ਕਾਪੜੁ ਅੰਗਿ ਚੜਾਇਆ ॥ ਧ੍ਰਿਗੁ ਸਰੀਰੁ, ਕੁਟੰਬ ਸਹਿਤ ਸਿਉ, ਜਿਤੁ ਹੁਣਿ ਖਸਮੁ ਨ ਪਾਇਆ ॥ ਪਉੜੀ ਛੁੜਕੀ ਫਿਰਿ ਹਾਥਿ ਨ ਆਵੈ, ਅਹਿਲਾ ਜਨਮੁ ਗਵਾਇਆ ॥੧॥ ਦੂਜਾ ਭਾਉ ਨ ਦੇਈ ਲਿਵ ਲਾਗਣਿ, ਜਿਨਿ ਹਰਿ ਕੇ ਚਰਣ ਵਿਸਾਰੇ ॥ ਜਗ ਜੀਵਨ ਦਾਤਾ, ਜਨ ਸੇਵਕ ਤੇਰੇ, ਤਿਨ ਕੇ ਤੈ ਦੂਖ ਨਿਵਾਰੇ ॥੧॥ ਰਹਾਉ ॥ ਤੂ ਦਇਆਲੁ ਦਇਆਪਤਿ ਦਾਤਾ, ਕਿਆ ਏਹਿ ਜੰਤ ਵਿਚਾਰੇ ॥ ਮੁਕਤ ਬੰਧ ਸਭਿ ਤੁਝ ਤੇ ਹੋਏ, ਐਸਾ ਆਖਿ ਵਖਾਣੇ ॥ ਗੁਰਮੁਖਿ ਹੋਵੈ ਸੋ ਮੁਕਤੁ ਕਹੀਐ, ਮਨਮੁਖ ਬੰਧ ਵਿਚਾਰੇ ॥੨॥ ਸੋ ਜਨੁ ਮੁਕਤੁ ਜਿਸੁ ਏਕ ਲਿਵ ਲਾਗੀ, ਸਦਾ ਰਹੈ ਹਰਿ ਨਾਲੇ ॥ ਤਿਨ ਕੀ ਗਹਣ ਗਤਿ ਕਹੀ ਨ ਜਾਈ, ਸਚੈ ਆਪਿ ਸਵਾਰੇ ॥ ਭਰਮਿ ਭੁਲਾਣੇ ਸਿ ਮਨਮੁਖ ਕਹੀਅਹਿ ਨਾ ਉਰਵਾਰਿ ਨ ਪਾਰੇ ॥੩॥ ਜਿਸ ਨੋ ਨਦਰਿ ਕਰੇ ਸੋਈ ਜਨੁ ਪਾਏ ਗੁਰ ਕਾ ਸਬਦੁ ਸਮ੍ਹਾਲੇ ॥ ਹਰਿ ਜਨ ਮਾਇਆ ਮਾਹਿ ਨਿਸਤਾਰੇ ॥ ਨਾਨਕ ਭਾਗੁ ਹੋਵੈ ਜਿਸੁ ਮਸਤਕਿ ਕਾਲਹਿ ਮਾਰਿ ਬਿਦਾਰੇ ॥੪॥੧॥ {ਪੰਨਾ ੭੯੬-੭੯੭}

ਪਦ ਅਰਥ :—ਧ੍ਰਿਗੁ—{ਧਿਕੱ—ਢਇ! ਸ਼ਹਓਮਏ!} ਲਾਹਨਤ, ਫਿਟਕਾਰ । ਕਾਪੜੁ—ਕੱਪੜਾ । ਅੰਗਿ—ਸਰੀਰ ਉਤੇ । ਕੁਟੰਬ—ਪਰਵਾਰ । ਸਹਿਤ—ਸਮੇਤ । ਸਿਉ—ਨਾਲ, ਸਮੇਤ । ਜਿਤੁ—ਜਿਸ (ਸਰੀਰ) ਦੀ ਰਾਹੀਂ । ਹੁਣਿ—ਇਸ ਜਨਮ ਵਿਚ । ਹਾਥਿ—ਹੱਥ ਵਿਚ । ਅਹਿਲਾ—ਬਹੁਤ ਕੀਮਤੀ ।੧।

ਭਾਉ—ਪਿਆਰ । ਦੂਜਾ ਭਾਉ—ਪ੍ਰਭੂ ਤੋਂ ਬਿਨਾ ਹੋਰ ਦਾ ਪਿਆਰ, ਮਾਇਆ ਦਾ ਮੋਹ । ਨ ਦੇਈ ਲਾਗਣਿ—ਲੱਗਣ ਨਹੀਂ ਦੇਂਦਾ । ਜਿਨਿ—ਜਿਸ (ਦੂਜੇ ਭਾਵ) ਨੇ । ਜਗ ਜੀਵਨ—ਜਗਤ ਦੀ ਜਿੰਦ । ਤੈ—ਤੂੰ {ਲਫ਼ਜ਼ 'ਤੂੰ' ਅਤੇ 'ਤੈ' ਵਿਚ ਫ਼ਰਕ ਸਮਝਣ ਲਈ ਵੇਖੋ 'ਗੁਰਬਾਣੀ ਵਿਆਕਰਣ'} । ਨਿਵਾਰੇ—ਦੂਰ ਕਰ ਦਿੱਤੇ ।੧।ਰਹਾਉ।

ਦਇਆ ਪਤਿ—ਦਇਆ ਦਾ ਮਾਲਕ । ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ} । ਮੁਕਤ—ਮਾਇਆ ਦੇ ਮੋਹ ਤੋਂ ਆਜ਼ਾਦ । ਬੰਧ—ਮੋਹ ਵਿਚ ਬੱਝੇ ਹੋਏ । ਸਭਿ—ਸਾਰੇ । ਵਖਾਣੇ—ਬਿਆਨ ਕਰਦਾ ਹੈ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ।੨।

ਜਨੁ—ਮਨੁੱਖ । ਲਿਵ—ਸੁਰਤਿ । ਨਾਲੇ—ਨਾਲ । ਗਹਣ—ਡੂੰਘੀ । ਗਤਿ—ਆਤਮਕ ਅਵਸਥਾ । ਸਚੈ—ਸਦਾ ਕਾਇਮ ਰਹਿਣ ਵਾਲੇ ਨੇ । ਭਰਮਿ—ਭਟਕਣਾ ਵਿਚ । ਭੁਲਾਣੇ—ਭੁੱਲੇ ਹੋਏ, ਕੁਰਾਹੇ ਪਏ ਹੋਏ । ਕਹੀਅਹਿ—ਕਹੇ ਜਾਂਦੇ ਹਨ । {ਕਹੀਐ—ਕਿਹਾ ਜਾਂਦਾ ਹੈ} । ਉਰਵਾਰਿ—(ਸੰਸਾਰ-ਸਮੁੰਦਰ ਦੇ) ਉਰਲੇ ਪਾਸੇ ।੩।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਨਦਰਿ—ਨਿਗਾਹ । ਸਮ੍ਹਾਲੇ—ਹਿਰਦੇ ਵਿਚ ਵਸਾਂਦਾ ਹੈ । ਨਿਸਤਾਰੇ—ਪਾਰ ਲੰਘਾ ਲੈਂਦਾ ਹੈ । ਮਸਤਕਿ—ਮੱਥੇ ਉਤੇ । ਕਾਲਹਿ—ਕਾਲ ਨੂੰ, ਮੌਤ ਨੂੰ, ਮੌਤ ਦੇ ਸਹਿਮ ਨੂੰ, ਆਤਮਕ ਮੌਤ ਨੂੰ । ਮਾਰਿ—ਮਾਰ ਕੇ । ਬਿਦਾਰੇ—ਨਾਸ ਕਰ ਦੇਂਦਾ ਹੈ ।੪।

ਅਰਥ :—ਹੇ ਭਾਈ! ਮਾਇਆ ਦਾ ਮੋਹ, ਜਿਸ ਨੇ (ਜੀਵਾਂ ਨੂੰ) ਪਰਮਾਤਮਾ ਦੇ ਚਰਨ (ਮਨ ਵਿਚ ਵਸਾਣੇ) ਭੁਲਾ ਦਿੱਤੇ ਹਨ, (ਪਰਮਾਤਮਾ ਦੇ ਚਰਨਾਂ ਵਿਚ) ਸੁਰਤਿ ਜੋੜਨ ਨਹੀਂ ਦੇਂਦਾ । ਹੇ ਪ੍ਰਭੂ! ਤੂੰ ਆਪ ਹੀ ਜਗਤ ਨੂੰ ਆਤਮਕ ਜੀਵਨ ਦੇਣ ਵਾਲਾ ਹੈਂ । ਜੇਹੜੇ ਬੰਦੇ ਤੇਰੇ ਸੇਵਕ ਬਣਦੇ ਹਨ, ਉਹਨਾਂ ਦੇ ਤੂੰ (ਮੋਹ ਤੋਂ ਪੈਦਾ ਹੋਣ ਵਾਲੇ ਸਾਰੇ) ਦੁੱਖ ਦੂਰ ਕਰ ਦਿੱਤੇ ਹਨ ।੧।ਰਹਾਉ।

ਹੇ ਭਾਈ! ਜੇ ਇਸ ਸਰੀਰ ਦੀ ਰਾਹੀਂ ਇਸ ਜਨਮ ਵਿਚ ਖਸਮ-ਪ੍ਰਭੂ ਦਾ ਮਿਲਾਪ ਹਾਸਲ ਨਹੀਂ ਕੀਤਾ, ਤਾਂ ਇਹ ਸਰੀਰ ਫਿਟਕਾਰ-ਜੋਗ ਹੈ, (ਨੱਕ ਕੰਨ ਅੱਖਾਂ ਆਦਿਕ ਸਾਰੇ) ਪਰਵਾਰ ਸਮੇਤ ਫਿਟਕਾਰ-ਜੋਗ ਹੈ । (ਮਨੁੱਖ ਦਾ ਸਭ ਕੁਝ) ਖਾਣਾ ਫਿਟਕਾਰ-ਜੋਗ ਹੈ, ਸੌਣਾ (ਸੁਖ-ਆਰਾਮ) ਫਿਟਕਾਰ-ਜੋਗ ਹੈ, ਸਰੀਰ ਉਤੇ ਕੱਪੜਾ ਪਹਿਨਣਾ ਫਿਟਕਾਰ-ਜੋਗ ਹੈ । (ਹੇ ਭਾਈ! ਇਹ ਮਨੁੱਖਾ ਸਰੀਰ ਪ੍ਰਭੂ ਦੇ ਦੇਸ ਵਿਚ ਪਹੁੰਚਣ ਲਈ ਪੌੜੀ ਹੈ) ਜੇ ਇਹ ਪੌੜੀ (ਹੱਥੋਂ) ਨਿਕਲ ਜਾਏ ਤਾਂ ਮੁੜ ਹੱਥ ਵਿਚ ਨਹੀਂ ਆਉਂਦੀ । ਮਨੁੱਖ ਆਪਣਾ ਬੜਾ ਕੀਮਤੀ ਜੀਵਨ ਗਵਾ ਲੈਂਦਾ ਹੈ ।੧।

ਹੇ ਪ੍ਰਭੂ! ਤੂੰ (ਆਪ ਹੀ) ਦਇਆ ਦਾ ਘਰ ਹੈਂ, ਦਇਆ ਦਾ ਮਾਲਕ ਹੈਂ, ਤੂੰ ਆਪ ਹੀ (ਆਪਣੇ ਚਰਨਾਂ ਦੀ ਪ੍ਰੀਤ) ਦੇਣ ਵਾਲਾ ਹੈਂ (ਤੇਰੇ ਪੈਦਾ ਕੀਤੇ) ਇਹਨਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ । ਤੇਰੇ ਹੀ ਹੁਕਮ ਵਿਚ ਕਈ ਜੀਵ ਮਾਇਆ ਦੇ ਮੋਹ ਤੋਂ ਆਜ਼ਾਦ ਹੋ ਜਾਂਦੇ ਹਨ, ਕਈ ਜੀਵ ਮੋਹ ਵਿਚ ਬੱਝੇ ਰਹਿੰਦੇ ਹਨ—ਕੋਈ ਵਿਰਲਾ ਗੁਰਮੁਖਿ ਇਹ ਗੱਲ ਆਖ ਕੇ ਸਮਝਾਂਦਾ ਹੈ । ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਮਾਇਆ ਦੇ ਮੋਹ ਤੋਂ ਆਜ਼ਾਦ ਕਿਹਾ ਜਾਂਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਵਿਚਾਰੇ ਮੋਹ ਵਿਚ ਬੱਝੇ ਰਹਿੰਦੇ ਹਨ ।੨।

ਜਿਸ ਮਨੁੱਖ ਦੀ ਸੁਰਤਿ ਇਕ ਪ੍ਰਭੂ ਵਿਚ ਜੁੜੀ ਰਹਿੰਦੀ ਹੈ ਉਹ ਮਨੁੱਖ ਮੋਹ ਤੋਂ ਆਜ਼ਾਦ ਹੋ ਜਾਂਦਾ ਹੈ, ਉਹ ਸਦਾ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ । ਇਹੋ ਜਿਹੇ ਬੰਦਿਆਂ ਦੀ ਡੂੰਘੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ । ਥਿਰ ਰਹਿਣ ਵਾਲੇ ਪ੍ਰਭੂ ਨੇ ਆਪ ਹੀ ਉਹਨਾਂ ਦਾ ਜੀਵਨ ਸੋਹਣਾ ਬਣਾ ਦਿੱਤਾ ਹੁੰਦਾ ਹੈ । ਪਰ ਜੇਹੜੇ ਬੰਦੇ ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝੇ ਰਹਿੰਦੇ ਹਨ, ਉਹ ਬੰਦੇ ਮਨਮੁਖ ਕਹੇ ਜਾਂਦੇ ਹਨ (ਉਹ ਮਾਇਆ ਦੇ ਮੋਹ ਦੇ ਸਮੁੰਦਰ ਵਿਚ ਡੁੱਬੇ ਰਹਿੰਦੇ ਹਨ) ਉਹ ਨਾਹ ਉਰਲੇ ਪਾਸੇ ਜੋਗੇ ਅਤੇ ਨਾਹ ਪਾਰ ਲੰਘਣ ਜੋਗੇ ।੩।

(ਪਰ ਜੀਵ ਦੇ ਕੀਹ ਵੱਸ?) ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਹੀ ਮਨੁੱਖ (ਗੁਰੂ ਦਾ ਸ਼ਬਦ) ਪ੍ਰਾਪਤ ਕਰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਦਾ ਹੈ । (ਇਸੇ ਤਰ੍ਹਾਂ) ਪ੍ਰਭੂ ਆਪਣੇ ਸੇਵਕਾਂ ਨੂੰ ਮਾਇਆ ਵਿਚ (ਰੱਖ ਕੇ ਭੀ, ਮੋਹ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ । ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਉਹ (ਆਪਣੇ ਅੰਦਰੋਂ) ਆਤਮਕ ਮੌਤ ਨੂੰ ਮਾਰ ਕੇ ਮੁਕਾ ਦੇਂਦਾ ਹੈ ।੪।੧।

ਨੋਟ :—ਮ: ੩ ਦੇ ਇਸ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ । ਵੇਖੋ ਅਖ਼ੀਰਲਾ ਅੰਕ ੧ ।

ਬਿਲਾਵਲੁ ਮਹਲਾ ੩ ॥ ਅਤੁਲੁ ਕਿਉ ਤੋਲਿਆ ਜਾਇ ॥ ਦੂਜਾ ਹੋਇ ਤ ਸੋਝੀ ਪਾਇ ॥ ਤਿਸ ਤੇ ਦੂਜਾ ਨਾਹੀ ਕੋਇ ॥ ਤਿਸ ਦੀ ਕੀਮਤਿ ਕਿਕੂ ਹੋਇ ॥੧॥ ਗੁਰ ਪਰਸਾਦਿ ਵਸੈ ਮਨਿ ਆਇ ॥ ਤਾ ਕੋ ਜਾਣੈ ਦੁਬਿਧਾ ਜਾਇ ॥੧॥ ਰਹਾਉ ॥ ਆਪਿ ਸਰਾਫੁ ਕਸਵਟੀ ਲਾਏ ॥ ਆਪੇ ਪਰਖੇ ਆਪਿ ਚਲਾਏ ॥ ਆਪੇ ਤੋਲੇ ਪੂਰਾ ਹੋਇ ॥ ਆਪੇ ਜਾਣੈ ਏਕੋ ਸੋਇ ॥੨॥ ਮਾਇਆ ਕਾ ਰੂਪੁ ਸਭੁ ਤਿਸ ਤੇ ਹੋਇ ॥ ਜਿਸ ਨੋ ਮੇਲੇ ਸੁ ਨਿਰਮਲੁ ਹੋਇ ॥ ਜਿਸ ਨੋ ਲਾਏ ਲਗੈ ਤਿਸੁ ਆਇ ॥ ਸਭੁ ਸਚੁ ਦਿਖਾਲੇ ਤਾ ਸਚਿ ਸਮਾਇ ॥੩॥ ਆਪੇ ਲਿਵ ਧਾਤੁ ਹੈ ਆਪੇ ॥ ਆਪਿ ਬੁਝਾਏ ਆਪੇ ਜਾਪੇ ॥ ਆਪੇ ਸਤਿਗੁਰੁ ਸਬਦੁ ਹੈ ਆਪੇ ॥ ਨਾਨਕ ਆਖਿ ਸੁਣਾਏ ਆਪੇ ॥੪॥੨॥ {ਪੰਨਾ ੭੯੭}

ਨੋਟ :—ਵੇਖੋ ਬਿਲਾਵਲੁ ਮ: ੧, ਸ਼ਬਦ ਨੰ: ੩ ।

ਪਦ ਅਰਥ :—ਅਤੁਲੁ—ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ, ਅ-ਤੁਲ । ਕਿਉ ਤੋਲਿਆ ਜਾਇ—ਨਹੀਂ ਤੋਲਿਆ ਜਾ ਸਕਦਾ, ਉਸ ਦੇ ਬਰਾਬਰ ਦੀ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ । ਦੂਜਾ—ਪ੍ਰਭੂ ਦੇ ਬਰਾਬਰ ਦਾ ਕੋਈ ਹੋਰ । ਸੋਝੀ—(ਪਰਮਾਤਮਾ ਦੀ ਹਸਤੀ ਦੇ ਮਾਪ ਦੀ) ਸਮਝ । ਤਿਸ ਤੇ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ} ਉਸ ਪ੍ਰਭੂ ਤੋਂ (ਵੱਖਰਾ) । ਤਿਸ ਦੀ—{ਵੇਖੋ 'ਤਿਸ ਤੇ'} । ਕਿਕੂ—ਕਿਵੇਂ? ।੧।

ਪਰਸਾਦਿ—ਕਿਰਪਾ ਨਾਲ । ਮਨਿ—ਮਨ ਵਿਚ । ਤਾ—ਤਦੋਂ । ਕੋ—ਕੋਈ ਮਨੁੱਖ । ਜਾਣੈ—ਜਾਣ-ਪਛਾਣ ਬਣਾਂਦਾ ਹੈ । ਦੁਬਿਧਾ—ਮੇਰ-ਤੇਰ । ਜਾਇ—ਦੂਰ ਹੋ ਜਾਂਦੀ ਹੈ ।੧।ਰਹਾਉ।

ਸਰਾਫੁ—ਪਰਖਣ ਵਾਲਾ । ਕਸਵਟੀ—ਉਹ ਵੱਟੀ ਜਿਸ ਉਤੇ ਸੋਨੇ ਨੂੰ ਕੱਸ ਲਾ ਕੇ (ਰਗੜ ਕੇ) ਵੇਖਿਆ ਜਾਂਦਾ ਹੈ ਕਿ ਇਹ ਖਰਾ ਹੈ ਜਾਂ ਨਹੀਂ । ਆਪੇ—ਆਪ ਹੀ । ਚਲਾਏ—ਪਰਚਲਤ ਕਰਦਾ ਹੈ, (ਸਿੱਕੇ ਨੂੰ) ਚਲਾਂਦਾ ਹੈ । ਏਕੋ ਸੋਇ—ਸਿਰਫ਼ ਉਹ (ਪਰਮਾਤਮਾ) ਹੀ ।੨।

ਤਿਸ ਤੇ—ਉਸ (ਪਰਮਾਤਮਾ) ਤੋਂ ਹੀ । ਜਿਸ ਨੋ—{ਵੇਖੋ 'ਤਿਸ ਤੇ', 'ਤਿਸ ਦੀ'} । ਨਿਰਮਲ—ਪਵਿੱਤ੍ਰ । ਲਾਏ—(ਮਾਇਆ) ਚੰਬੋੜਦਾ ਹੈ । ਆਇ—ਆ ਕੇ । ਲਗੈ—ਚੰਬੜ ਜਾਂਦੀ ਹੈ । ਸਭੁ—ਹਰ ਥਾਂ । ਸਚੁ—ਸਦਾ-ਥਿਰ ਪ੍ਰਭੂ । ਸਚਿ—ਸਦਾ-ਥਿਰ ਪ੍ਰਭੂ ਵਿਚ ।੩।

ਧਾਤੁ—ਮਾਇਆ । ਬੁਝਾਏ—ਸਮਝ ਬਖ਼ਸ਼ਦਾ ਹੈ । ਜਾਪੇ—ਜਪਦਾ ਹੈ । ਆਖਿ—ਉਚਾਰ ਕੇ ।੪।

ਅਰਥ :—(ਜਦੋਂ) ਗੁਰੂ ਦੀ ਕਿਰਪਾ ਨਾਲ (ਕਿਸੇ ਵਡਭਾਗੀ ਮਨੁੱਖ ਦੇ) ਮਨ ਵਿਚ (ਪਰਮਾਤਮਾ) ਆ ਵੱਸਦਾ ਹੈ, ਤਦੋਂ ਉਹ ਮਨੁੱਖ (ਪਰਮਾਤਮਾ ਨਾਲ) ਡੂੰਘੀ ਸਾਂਝ ਪਾ ਲੈਂਦਾ ਹੈ, ਤੇ, (ਉਸ ਦੇ ਅੰਦਰੋਂ) ਭਟਕਣਾ ਦੂਰ ਹੋ ਜਾਂਦੀ ਹੈ ।੧।ਰਹਾਉ।

(ਜਿਸ ਮਨੁੱਖ ਦੇ ਅੰਦਰੋਂ ਭਟਕਣਾ ਮੇਰ-ਤੇਰ ਦੂਰ ਹੋ ਜਾਂਦੀ ਹੈ ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਦੀ ਹਸਤੀ ਨੂੰ ਮਿਣਿਆ ਨਹੀਂ ਜਾ ਸਕਦਾ, ਉਸ ਦੇ ਬਰਾਬਰ ਦਾ ਕੋਈ ਦੱਸਿਆ ਨਹੀਂ ਜਾ ਸਕਦਾ । (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਵੱਖਰਾ ਹੋਰ ਕੋਈ ਨਹੀਂ ਹੈ, (ਇਸ ਵਾਸਤੇ) ਪਰਮਾਤਮਾ ਦੇ ਬਰਾਬਰ ਦੀ ਹੋਰ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ ।੧।

(ਜਿਸ ਦੇ ਅੰਦਰ ਪ੍ਰਭੂ ਪਰਗਟ ਹੋ ਜਾਂਦਾ ਹੈ, ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਆਪ ਹੀ (ਉੱਚੇ ਜੀਵਨ-ਮਿਆਰ ਦੀ) ਕਸਵੱਟੀ ਵਰਤ ਕੇ (ਜੀਵਾਂ ਦੇ ਜੀਵਨ) ਪਰਖਣ ਵਾਲਾ ਹੈ । ਪ੍ਰਭੂ ਆਪ ਹੀ ਪਰਖ ਕਰਦਾ ਹੈ, ਤੇ (ਪਰਵਾਨ ਕਰ ਕੇ ਉਸ ਉੱਚੇ ਜੀਵਨ ਨੂੰ) ਜੀਵਾਂ ਦੇ ਸਾਹਮਣੇ ਲਿਆਉਂਦਾ ਹੈ (ਜਿਵੇਂ ਖਰਾ ਸਿੱਕਾ ਲੋਕਾਂ ਵਿਚ ਪਰਚਲਤ ਕੀਤਾ ਜਾਂਦਾ ਹੈ) । ਪ੍ਰਭੂ ਆਪ ਹੀ (ਜੀਵਾਂ ਦੇ ਜੀਵਨ ਨੂੰ) ਜਾਂਚਦਾ-ਪਰਖਦਾ ਹੈ, (ਉਸ ਦੀ ਮੇਹਰ ਨਾਲ ਹੀ ਕੋਈ ਜੀਵਨ ਉਸ ਪਰਖ ਵਿਚ) ਪੂਰਾ ਉਤਰਦਾ ਹੈ । ਸਿਰਫ਼ ਉਹ ਪਰਮਾਤਮਾ ਆਪ ਹੀ (ਇਸ ਖੇਡ ਨੂੰ) ਜਾਣਦਾ ਹੈ ।੨।

ਮਾਇਆ ਦੀ ਸਾਰੀ ਹੋਂਦ ਉਸ ਪਰਮਾਤਮਾ ਤੋਂ ਹੀ ਬਣੀ ਹੈ । ਜਿਸ ਮਨੁੱਖ ਨੂੰ ਪ੍ਰਭੂ (ਆਪਣੇ ਨਾਲ) ਮਿਲਾਂਦਾ ਹੈ, ਉਹ (ਇਸ ਮਾਇਆ ਤੋਂ ਨਿਰਲੇਪ ਰਹਿ ਕੇ) ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ । ਜਿਸ ਮਨੁੱਖ ਨੂੰ (ਪ੍ਰਭੂ ਆਪ ਆਪਣੀ ਮਾਇਆ) ਚੰਬੋੜ ਦੇਂਦਾ ਹੈ, ਉਸ ਨੂੰ ਇਹ ਆ ਚੰਬੜਦੀ ਹੈ । (ਜਦੋਂ ਕਿਸੇ ਮਨੁੱਖ ਨੂੰ ਗੁਰੂ ਦੀ ਰਾਹੀਂ) ਹਰ ਥਾਂ ਆਪਣਾ ਸਦਾ ਕਾਇਮ ਰਹਿਣ ਵਾਲਾ ਸਰੂਪ ਵਿਖਾਂਦਾ ਹੈ, ਤਦੋਂ ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ।੩।

(ਹੇ ਭਾਈ! ਪ੍ਰਭੂ) ਆਪ ਹੀ (ਆਪਣੇ ਚਰਨਾਂ ਵਿਚ) ਮਗਨਤਾ (ਦੇਣ ਵਾਲਾ ਹੈ), ਆਪ ਹੀ ਮਾਇਆ (ਚੰਬੋੜਨ ਵਾਲਾ) ਹੈ । ਪ੍ਰਭੂ ਆਪ ਹੀ (ਸਹੀ ਜੀਵਨ ਦੀ) ਸੂਝ ਬਖ਼ਸ਼ਦਾ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਆਪਣਾ ਨਾਮ) ਜਪਦਾ ਹੈ । ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ (ਗੁਰੂ ਦਾ) ਸ਼ਬਦ ਹੈ । ਹੇ ਨਾਨਕ! ਪ੍ਰਭੂ ਆਪ ਹੀ (ਗੁਰੂ ਦਾ ਸ਼ਬਦ) ਉਚਾਰ ਕੇ (ਹੋਰਨਾਂ ਨੂੰ) ਸੁਣਾਂਦਾ ਹੈ (ਇਹ ਹੈ ਸਰਧਾ ਉਸ ਵਡਭਾਗੀ ਦੀ ਜਿਸ ਦੇ ਮਨ ਵਿਚ ਉਹ ਪ੍ਰਭੂ ਗੁਰੂ ਦੀ ਕਿਰਪਾ ਨਾਲ ਆ ਵੱਸਦਾ ਹੈ) ।੪।੨।

ਬਿਲਾਵਲੁ ਮਹਲਾ ੩ ॥ ਸਾਹਿਬ ਤੇ ਸੇਵਕੁ ਸੇਵ ਸਾਹਿਬ ਤੇ ਕਿਆ ਕੋ ਕਹੈ ਬਹਾਨਾ ॥ ਐਸਾ ਇਕੁ ਤੇਰਾ ਖੇਲੁ ਬਨਿਆ ਹੈ ਸਭ ਮਹਿ ਏਕੁ ਸਮਾਨਾ ॥੧॥ ਸਤਿਗੁਰਿ ਪਰਚੈ ਹਰਿਨਾਮਿ ਸਮਾਨਾ ॥ ਜਿਸੁ ਕਰਮੁ ਹੋਵੈ ਸੋ ਸਤਿਗੁਰੁ ਪਾਏ ਅਨਦਿਨੁ ਲਾਗੈ ਸਹਜ ਧਿਆਨਾ ॥੧॥ ਰਹਾਉ ॥ ਕਿਆ ਕੋਈ ਤੇਰੀ ਸੇਵਾ ਕਰੇ ਕਿਆ ਕੋ ਕਰੇ ਅਭਿਮਾਨਾ ॥ ਜਬ ਅਪੁਨੀ ਜੋਤਿ ਖਿੰਚਹਿ ਤੂ ਸੁਆਮੀ ਤਬ ਕੋਈ ਕਰਉ ਦਿਖਾ ਵਖਿਆਨਾ ॥੨॥ ਆਪੇ ਗੁਰੁ ਚੇਲਾ ਹੈ ਆਪੇ ਆਪੇ ਗੁਣੀ ਨਿਧਾਨਾ ॥ ਜਿਉ ਆਪਿ ਚਲਾਏ ਤਿਵੈ ਕੋਈ ਚਾਲੈ ਜਿਉ ਹਰਿ ਭਾਵੈ ਭਗਵਾਨਾ ॥੩॥ ਕਹਤ ਨਾਨਕੁ ਤੂ ਸਾਚਾ ਸਾਹਿਬੁ ਕਉਣੁ ਜਾਣੈ ਤੇਰੇ ਕਾਮਾਂ ॥ ਇਕਨਾ ਘਰ ਮਹਿ ਦੇ ਵਡਿਆਈ ਇਕਿ ਭਰਮਿ ਭਵਹਿ ਅਭਿਮਾਨਾ ॥੪॥੩॥ {ਪੰਨਾ ੭੯੭}

ਪਦ ਅਰਥ :—ਤੇ—ਤੋਂ, ਦੀ ਰਾਹੀਂ । ਸਾਹਿਬ ਤੇ—ਮਾਲਕ-ਪ੍ਰਭੂ ਤੋਂ, ਮਾਲਕ-ਪ੍ਰਭੂ ਦੀ ਕਿਰਪਾ ਨਾਲ । ਸੇਵ—(ਮਾਲਕ-ਪ੍ਰਭੂ ਦੀ) ਸੇਵਾ-ਭਗਤੀ । ਬਹਾਨਾ—ਗ਼ਲਤ ਦਲੀਲ । ਐਸਾ—ਇਹੋ ਜਿਹਾ, ਅਚਰਜ । ਖੇਲੁ—ਜਗਤ-ਤਮਾਸ਼ਾ । ਸਮਾਨਾ—ਵਿਆਪਕ ।੧।

ਸਤਿਗੁਰਿ—ਗੁਰੂ ਦੀ ਰਾਹੀਂ, ਗੁਰੂ ਦੀ ਕਿਰਪਾ ਨਾਲ । ਪਰਚੈ—ਗਿੱਝ ਜਾਂਦਾ ਹੈ । ਨਾਮਿ—ਨਾਮ ਵਿਚ । ਕਰਮੁ—ਬਖ਼ਸ਼ਸ਼ । ਸੋ—ਉਹ ਮਨੁੱਖ । ਪਾਏ—ਹਾਸਲ ਕਰ ਲੈਂਦਾ ਹੈ । ਅਨਦਿਨੁ—ਹਰ ਰੋਜ਼ {ਅਨੁਦਿਨਜ਼} । ਸਹਜ—ਆਤਮਕ ਅਡੋਲਤਾ । ਸਹਜ ਧਿਆਨਾ—ਆਤਮਕ ਅਡੋਲਤਾ ਪੈਦਾ ਕਰਨ ਵਾਲੀ ਮਗਨਤਾ ।੧।ਰਹਾਉ।

ਅਭਿਮਾਨਾ—ਮਾਣ । ਖਿੰਚਹਿ—ਖਿੱਚ ਲੈਂਦਾ ਹੈਂ । ਸੁਆਮੀ—ਹੇ ਮਾਲਕ! ਕਰਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਬੇਸ਼ੱਕ ਕਰੇ । ਦਿਖਾ—ਦਿਖਾਂ, ਮੈਂ ਵੇਖਾਂ ।੨।

ਚੇਲਾ—ਸਿੱਖ । ਆਪੇ—ਆਪ ਹੀ । ਗੁਣੀ ਨਿਧਾਨਾ—ਗੁਣਾਂ ਦਾ ਖ਼ਜ਼ਾਨਾ । ਚਲਾਏ—(ਜੀਵਨ-ਰਾਹ ਉਤੇ) ਤੋਰਦਾ ਹੈ । ਭਾਵੈ—ਚੰਗਾ ਲੱਗਦਾ ਹੈ ।੩।

ਸਾਚਾ—ਸਦਾ ਕਾਇਮ ਰਹਿਣ ਵਾਲਾ । ਕਉਣੁ ਜਾਣੈ—ਕੋਈ ਨਹੀਂ ਜਾਣ ਸਕਦਾ । ਘਰ ਮਹਿ—ਹਿਰਦੇ-ਘਰ ਵਿਚ (ਟਿਕਾ ਕੇ), ਆਪਣੇ ਚਰਨਾਂ ਵਿਚ (ਜੋੜ ਕੇ) । ਦੇ—ਦੇਂਦਾ ਹੈ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ ਜੀਵ । ਭਰਮਿ—ਭਟਕਣਾ ਵਿਚ (ਪੈ ਕੇ) । ਭਵਹਿ—ਫਿਰਦੇ ਹਨ ।੪।

ਅਰਥ :—ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ ਜਪਣ ਵਿਚ) ਗਿੱਝ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ (ਸਦਾ) ਲੀਨ ਰਹਿੰਦਾ ਹੈ । (ਪਰ) ਗੁਰੂ (ਭੀ) ਉਸੇ ਨੂੰ ਮਿਲਦਾ ਹੈ ਜਿਸ ਉਤੇ ਪ੍ਰਭੂ ਦੀ ਕਿਰਪਾ ਹੁੰਦੀ ਹੈ, ਫਿਰ ਹਰ ਵੇਲੇ ਉਸ ਦੀ ਸੁਰਤਿ ਆਤਮਕ ਅਡੋਲਤਾ ਪੈਦਾ ਕਰਨ ਵਾਲੀ ਅਵਸਥਾ ਵਿਚ ਜੁੜੀ ਰਹਿੰਦੀ ਹੈ ।੧।ਰਹਾਉ।

(ਹੇ ਭਾਈ!) ਮਾਲਕ-ਪ੍ਰਭੂ ਦੀ ਮੇਹਰ ਨਾਲ ਹੀ (ਕੋਈ ਮਨੁੱਖ ਉਸ ਦਾ) ਭਗਤ ਬਣਦਾ ਹੈ, ਮਾਲਕ-ਪ੍ਰਭੂ ਦੀ ਕਿਰਪਾ ਨਾਲ ਹੀ (ਮਨੁੱਖ ਨੂੰ ਉਸ ਦੀ) ਸੇਵਾ-ਭਗਤੀ ਪ੍ਰਾਪਤ ਹੁੰਦੀ ਹੈ । (ਇਹ ਸੇਵਾ-ਭਗਤੀ ਕਿਸੇ ਨੂੰ ਭੀ ਉਸ ਦੇ ਆਪਣੇ ਉੱਦਮ ਨਾਲ ਨਹੀਂ ਮਿਲਦੀ) ਕੋਈ ਭੀ ਮਨੁੱਖ ਅਜੇਹੀ ਗ਼ਲਤ ਦਲੀਲ ਨਹੀਂ ਦੇ ਸਕਦਾ ।

ਹੇ ਪ੍ਰਭੂ! ਇਹ ਤੇਰਾ ਇਕ ਅਚਰਜ ਤਮਾਸ਼ਾ ਬਣਿਆ ਹੋਇਆ ਹੈ (ਕਿ ਤੇਰੀ ਭਗਤੀ ਤੇਰੀ ਮੇਹਰ ਨਾਲ ਹੀ ਮਿਲਦੀ ਹੈ, ਉਂਞ) ਤੂੰ ਸਭ ਜੀਵਾਂ ਵਿਚ ਆਪ ਹੀ ਸਮਾਇਆ ਹੋਇਆ ਹੈਂ ।੧।

ਹੇ ਪ੍ਰਭੂ! (ਆਪਣੇ ਉੱਦਮ ਨਾਲ) ਕੋਈ ਭੀ ਮਨੁੱਖ ਤੇਰੀ ਸੇਵਾ-ਭਗਤੀ ਨਹੀਂ ਕਰ ਸਕਦਾ, ਕੋਈ ਮਨੁੱਖ ਅਜੇਹਾ ਕੋਈ ਮਾਣ ਨਹੀਂ ਕਰ ਸਕਦਾ । ਹੇ ਮਾਲਕ-ਪ੍ਰਭੂ! ਜਦੋਂ ਤੂੰ ਕਿਸੇ ਜੀਵ ਵਿਚੋਂ (ਸੇਵਾ-ਭਗਤੀ ਵਾਸਤੇ ਦਿੱਤਾ ਹੋਇਆ) ਚਾਨਣ ਖਿੱਚ ਲੈਂਦਾ ਹੈਂ, ਤਦੋਂ ਫਿਰ ਕੋਈ ਭੀ ਸੇਵਾ-ਭਗਤੀ ਦੀਆਂ ਗੱਲਾਂ ਨਹੀਂ ਕਰ ਸਕਦਾ ।੨।

ਹੇ ਭਾਈ! ਪਰਮਾਤਮਾ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ (ਜੇਹੜੇ ਗੁਣ ਉਹ ਗੁਰੂ ਦੀ ਰਾਹੀਂ ਸਿੱਖ ਨੂੰ ਦੇਂਦਾ ਹੈ) । ਜਿਵੇਂ ਉਸ ਹਰੀ ਭਗਵਾਨ ਨੂੰ ਚੰਗਾ ਲੱਗਦਾ ਹੈ, ਜਿਵੇਂ ਉਹ ਜੀਵ ਨੂੰ ਜੀਵਨ-ਰਾਹ ਉਤੇ ਤੋਰਦਾ ਹੈ ਤਿਵੇਂ ਹੀ ਜੀਵ ਤੁਰਦਾ ਹੈ ।੩।

ਨਾਨਕ ਆਖਦਾ ਹੈ—ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਤੇਰੇ ਕੰਮਾਂ (ਦੇ ਭੇਤ) ਨੂੰ ਕੋਈ ਨਹੀਂ ਜਾਣ ਸਕਦਾ । ਕਈ ਜੀਵਾਂ ਨੂੰ ਤੂੰ ਆਪਣੇ ਚਰਨਾਂ ਵਿਚ ਟਿਕਾ ਕੇ ਇੱਜ਼ਤ ਬਖ਼ਸ਼ਦਾ ਹੈਂ । ਕਈ ਜੀਵ ਕੁਰਾਹੇ ਪੈ ਕੇ ਅਹੰਕਾਰ ਵਿਚ ਭਟਕਦੇ ਫਿਰਦੇ ਹਨ ।੪।੩।

ਬਿਲਾਵਲੁ ਮਹਲਾ ੩ ॥ ਪੂਰਾ ਥਾਟੁ ਬਣਾਇਆ ਪੂਰੈ, ਵੇਖਹੁ, ਏਕ ਸਮਾਨਾ ॥ ਇਸੁ ਪਰਪੰਚ ਮਹਿ ਸਾਚੇ ਨਾਮ ਕੀ ਵਡਿਆਈ ਮਤੁ ਕੋ ਧਰਹੁ ਗੁਮਾਨਾ ॥੧॥ ਸਤਿਗੁਰ ਕੀ ਜਿਸ ਨੋ ਮਤਿ ਆਵੈ ਸੋ ਸਤਿਗੁਰ ਮਾਹਿ ਸਮਾਨਾ ॥ ਇਹ ਬਾਣੀ ਜੋ ਜੀਅਹੁ ਜਾਣੈ ਤਿਸੁ ਅੰਤਰਿ ਰਵੈ ਹਰਿ ਨਾਮਾ ॥੧॥ ਰਹਾਉ ॥ ਚਹੁ ਜੁਗਾ ਕਾ ਹੁਣਿ ਨਿਬੇੜਾ ਨਰ ਮਨੁਖਾ ਨੋ ਏਕੁ ਨਿਧਾਨਾ ॥ ਜਤੁ ਸੰਜਮ ਤੀਰਥ ਓਨਾ ਜੁਗਾ ਕਾ ਧਰਮੁ ਹੈ ਕਲਿ ਮਹਿ ਕੀਰਤਿ ਹਰਿ ਨਾਮਾ ॥੨॥ ਜੁਗਿ ਜੁਗਿ ਆਪੋ ਆਪਣਾ ਧਰਮੁ ਹੈ ਸੋਧਿ ਦੇਖਹੁ ਬੇਦ ਪੁਰਾਨਾ ॥ ਗੁਰਮੁਖਿ ਜਿਨੀ ਧਿਆਇਆ ਹਰਿ ਹਰਿ, ਜਗਿ ਤੇ ਪੂਰੇ ਪਰਵਾਨਾ ॥੩॥ ਕਹਤ ਨਾਨਕੁ ਸਚੇ ਸਿਉ ਪ੍ਰੀਤਿ ਲਾਏ ਚੂਕੈ ਮਨਿ ਅਭਿਮਾਨਾ ॥ ਕਹਤ ਸੁਣਤ ਸਭੇ ਸੁਖ ਪਾਵਹਿ ਮਾਨਤ ਪਾਹਿ ਨਿਧਾਨਾ ॥੪॥੪॥ {ਪੰਨਾ ੭੯੭}

ਪਦ ਅਰਥ :—ਪੂਰਾ ਥਾਟੁ—ਉੱਤਮ ਜੁਗਤੀ, ਗੁਰੂ ਦੀ ਸਰਨ ਆ ਕੇ ਹਰਿ-ਨਾਮ ਜਪਣ ਦੀ ਉੱਤਮ ਜੁਗਤੀ । ਪੂਰੈ—ਪੂਰੇ (ਪ੍ਰਭੂ) ਨੇ, ਉਸ ਪ੍ਰਭੂ ਨੇ ਜਿਸ ਦੇ ਕੰਮਾਂ ਵਿਚ ਕੋਈ ਉਕਾਈ ਨਹੀਂ । ਏਕ ਸਮਾਨਾ—ਇਕੋ ਜਿਹੀ, ਜੋ ਹਰੇਕ ਜੁਗ ਵਿਚ ਇਕੋ ਜਿਹੀ ਚਲੀ ਆ ਰਹੀ ਹੈ । ਪਰਪੰਚ—ਸੰਸਾਰ । ਸਾਚਾ—ਸਦਾ ਕਾਇਮ ਰਹਿਣ ਵਾਲਾ । ਮਤੁ ਕੋ ਧਰਹੁ—ਕੋਈ ਨਾਹ ਧਰੇ । ਗੁਮਾਨਾ—ਅਹੰਕਾਰ ।੧।

ਮਾਹਿ—ਵਿਚ । ਮਤਿ—ਅਕਲ, ਸਿੱਖਿਆ । ਜੀਅਹੁ—ਦਿਲੋਂ । ਜਾਣੈ—ਪਛਾਣਦਾ ਹੈ, ਸਾਂਝ ਪਾਂਦਾ ਹੈ । ਅੰਤਰਿ—ਅੰਦਰ । ਰਵੈ—ਹਰ ਵੇਲੇ ਮੌਜੂਦ ਰਹਿੰਦਾ ਹੈ ।੧।ਰਹਾਉ।

ਹੁਣਿ—ਇਸ ਵੇਲੇ, ਗੁਰੂ ਦੀ ਮਤਿ ਲੈ ਕੇ {ਨੋਟ :—ਵੇਖੋ 'ਰਹਾਉ' ਵਾਲਾ ਬੰਦ । ਉਸੇ ਵਿਚ ਹੀ ਕੇਂਦਰੀ ਖ਼ਿਆਲ ਹੈ} । ਨਿਬੇੜਾ—ਨਿਰਨਾ । ਨੋ—ਨੂੰ । ਨਰ ਮਨੁਖ—ਸ੍ਰੇਸ਼ਟ ਮਨੁੱਖ, ਗੁਰਮੁਖ, ਗੁਰੂ ਦੀ ਮਤਿ ਉਤੇ ਤੁਰਨ ਵਾਲੇ ਮਨੁੱਖ । ਏਕੁ ਨਿਧਾਨਾ—ਇਕ ਪ੍ਰਭੂ ਦਾ ਨਾਮ-ਖ਼ਜ਼ਾਨਾ । ਜਤੁ—ਕਾਮ-ਵਾਸਨਾ ਨੂੰ ਰੋਕਣ ਵਾਲਾ ਜਤਨ । ਸੰਜਮ—ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣਾ । ਮਹਿ—ਵਿਚ । ਕਲਿ—ਕਲਿਜੁਗ । ਕੀਰਤਿ—ਸਿਫ਼ਤਿ-ਸਾਲਾਹ ।੨।

ਜੁਗਿ ਜੁਗਿ—ਹਰੇਕ ਜੁਗ ਵਿਚ । ਸੋਧਿ—ਸੋਧ ਕੇ, ਗਹੁ ਨਾਲ ਪੜ੍ਹ ਕੇ । ਗੁਰਮੁਖਿ—ਗੁਰੂ ਦੀ ਸ਼ਰਨ ਪੈ ਕੇ । ਜਗਿ—ਜਗਤ ਵਿਚ । ਤੇ—ਉਹ ਬੰਦੇ । ਪਰਵਾਨਾ—ਕਬੂਲ ।੩।

ਸਿਉ—ਨਾਲ । ਚੂਕੈ—ਮੁੱਕ ਜਾਂਦਾ ਹੈ । ਮਨਿ—ਮਨ ਵਿਚ । ਸਭੇ—ਸਾਰੇ । ਪਾਹਿ—ਪਾਂਦੇ ਹਨ, ਪ੍ਰਾਪਤ ਕਰਦੇ ਹਨ । ਨਿਧਾਨਾ—ਨਾਮ-ਖ਼ਜ਼ਾਨਾ ।੪।

ਅਰਥ :—ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਸਿੱਖਿਆ ਉਤੇ ਯਕੀਨ ਆ ਜਾਂਦਾ ਹੈ, ਉਹ ਮਨੁੱਖ ਗੁਰੂ (ਦੇ ਉਪਦੇਸ਼) ਵਿਚ ਲੀਨ ਰਹਿੰਦਾ ਹੈ । ਜੇਹੜਾ

ਮਨੁੱਖ ਗੁਰੂ ਦੀ ਇਸ ਬਾਣੀ ਨਾਲ ਦਿਲੋਂ ਸਾਂਝ ਪਾ ਲੈਂਦਾ ਹੈ, ਉਸ ਦੇ ਅੰਦਰ ਪਰਮਾਤਮਾ ਦਾ ਨਾਮ ਸਦਾ ਟਿਕਿਆ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਵੇਖੋ, ਪੂਰਨ ਪ੍ਰਭੂ ਨੇ (ਗੁਰੂ ਦੀ ਸ਼ਰਨ ਪੈ ਕੇ ਹਰਿ-ਨਾਮ ਜਪਣ ਦੀ ਇਹ ਐਸੀ) ਉੱਤਮ ਜੁਗਤੀ ਬਣਾਈ ਹੈ ਜੋ ਹਰੇਕ ਜੁਗ ਵਿਚ ਇਕੋ ਜਿਹੀ ਚਲੀ ਆ ਰਹੀ ਹੈ । ਮਤਾਂ ਕੋਈ ਮਨੁੱਖ (ਜਤ ਸੰਜਮ ਤੀਰਥ ਆਦਿਕ ਕਰਮ ਦਾ) ਮਾਣ ਕਰ ਬਹੇ । ਇਸ ਜਗਤ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਜਪਣ ਤੋਂ ਹੀ ਇੱਜ਼ਤ ਮਿਲਦੀ ਹੈ ।੧।

ਹੇ ਭਾਈ! ਗੁਰੂ ਦੀ ਸ਼ਰਨ ਪਿਆਂ ਹੀ ਚਹੁੰਆਂ ਜੁਗਾਂ ਦਾ ਨਿਰਨਾ ਸਮਝ ਵਿਚ ਆਉਂਦਾ ਹੈ (ਕਿ ਜੁਗ ਚਾਹੇ ਕੋਈ ਹੋਵੇ) ਗੁਰੂ ਦੀ ਸ਼ਰਨ ਪੈਣ ਵਾਲੇ ਮਨੁੱਖਾਂ ਨੂੰ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਹੋ ਜਾਂਦਾ ਹੈ । (ਵੇਦ ਆਦਿਕ ਹਿੰਦੂ ਧਰਮ-ਪੁਸਤਕ ਦੱਸਦੇ ਰਹੇ ਕਿ) ਜਤ ਸੰਜਮ ਅਤੇ ਤੀਰਥ-ਇਸ਼ਨਾਨ ਉਹਨਾਂ ਜੁਗਾਂ ਦਾ ਧਰਮ ਸੀ, ਪਰ ਕਲਿਜੁਗ ਵਿਚ (ਗੁਰੂ ਨਾਨਕ ਨੇ ਆ ਦੱਸਿਆ ਹੈ ਕਿ) ਪਰਮਾਤਮਾ ਦੀ ਸਿਫ਼ਤਿ-ਸਾਲਾਹ, ਪਰਮਾਤਮਾ ਦਾ ਨਾਮ-ਸਿਮਰਨ ਹੀ ਅਸਲ ਧਰਮ ਹੈ ।੨।

ਹੇ ਭਾਈ! ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਨੂੰ ਗਹੁ ਨਾਲ ਪੜ੍ਹ ਕੇ ਵੇਖ ਲਵੋ (ਉਹ ਇਹੀ ਆਖਦੇ ਹਨ ਕਿ) ਹਰੇਕ ਜੁਗ ਵਿਚ (ਜਤ ਸੰਜਮ ਤੀਰਥ ਆਦਿਕ) ਆਪਣਾ ਆਪਣਾ ਧਰਮ (ਪਰਵਾਨ) ਹੈ । (ਪਰ ਗੁਰੂ ਦੀ ਸਿੱਖਿਆ ਇਹ ਹੈ ਕਿ) ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸ਼ਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਿਆ ਹੈ, ਜਗਤ ਵਿਚ ਉਹੀ ਮਨੁੱਖ ਪੂਰਨ ਹਨ ਤੇ ਕਬੂਲ ਹਨ ।੩।

ਹੇ ਭਾਈ! ਨਾਨਕ ਆਖਦਾ ਹੈ—ਜੇਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਪਿਆਰ ਜੋੜਦਾ ਹੈ, ਉਸ ਦੇ ਮਨ ਵਿਚੋਂ (ਕਿਸੇ ਭੀ ਤਰ੍ਹਾਂ ਦੇ ਕਰਮ ਕਾਂਡ ਦਾ) ਅਹੰਕਾਰ ਮੁੱਕ ਜਾਂਦਾ ਹੈ । ਪਰਮਾਤਮਾ ਦਾ ਨਾਮ ਸਿਮਰਨ ਵਾਲੇ, ਸੁਣਨ ਵਾਲੇ, ਸਾਰੇ ਹੀ ਆਤਮਕ ਆਨੰਦ ਪ੍ਰਾਪਤ ਕਰਦੇ ਹਨ । ਜੇਹੜੇ ਮਨੁੱਖ (ਗੁਰੂ ਦੀ ਸਿੱਖਿਆ ਉਤੇ) ਸਰਧਾ ਲਿਆਉਂਦੇ ਹਨ, ਉਹ ਪ੍ਰਭੂ ਦਾ ਨਾਮ-ਖ਼ਜ਼ਾਨਾ ਲੱਭ ਲੈਂਦੇ ਹਨ ।੪।੪।

ਨੋਟ :—ਇਸ ਸ਼ਬਦ ਵਿਚ ਵੇਦ ਪੁਰਾਨਾਂ ਦੇ ਧਰਮ ਅਤੇ ਗੁਰ ਧਰਮ ਵਿਚ ਫ਼ਰਕ ਦੱਸਿਆ ਗਿਆ ਹੈ ।

ਬਿਲਾਵਲੁ ਮਹਲਾ ੩ ॥ ਗੁਰਮੁਖਿ ਪ੍ਰੀਤਿ ਜਿਸ ਨੋ ਆਪੇ ਲਾਏ ॥ ਤਿਤੁ ਘਰਿ ਬਿਲਾਵਲੁ ਗੁਰ ਸਬਦਿ ਸੁਹਾਏ ॥ ਮੰਗਲੁ ਨਾਰੀ ਗਾਵਹਿ ਆਏ ॥ ਮਿਲਿ ਪ੍ਰੀਤਮ ਸਦਾ ਸੁਖੁ ਪਾਏ ॥੧॥ ਹਉ ਤਿਨ ਬਲਿਹਾਰੈ ਜਿਨ੍ ਹਰਿ ਮੰਨਿ ਵਸਾਏ ॥ ਹਰਿ ਜਨ ਕਉ ਮਿਲਿਆ ਸੁਖੁ ਪਾਈਐ ਹਰਿ ਗੁਣ ਗਾਵੈ ਸਹਜਿ ਸੁਭਾਏ ॥੧॥ ਰਹਾਉ ॥ ਸਦਾ ਰੰਗਿ ਰਾਤੇ ਤੇਰੈ ਚਾਏ ॥ ਹਰਿ ਜੀਉ ਆਪਿ ਵਸੈ ਮਨਿ ਆਏ ॥ ਆਪੇ ਸੋਭਾ ਸਦ ਹੀ ਪਾਏ ॥ ਗੁਰਮੁਖਿ ਮੇਲੈ ਮੇਲਿ ਮਿਲਾਏ ॥੨॥ ਗੁਰਮੁਖਿ ਰਾਤੇ ਸਬਦਿ ਰੰਗਾਏ ॥ ਨਿਜ ਘਰਿ ਵਾਸਾ ਹਰਿ ਗੁਣ ਗਾਏ ॥ ਰੰਗਿ ਚਲੂਲੈ ਹਰਿ ਰਸਿ ਭਾਏ ॥ ਇਹੁ ਰੰਗੁ ਕਦੇ ਨ ਉਤਰੈ ਸਾਚਿ ਸਮਾਏ ॥੩॥ ਅੰਤਰਿ ਸਬਦੁ ਮਿਟਿਆ ਅਗਿਆਨੁ ਅੰਧੇਰਾ ॥ ਸਤਿਗੁਰ ਗਿਆਨੁ ਮਿਲਿਆ ਪ੍ਰੀਤਮੁ ਮੇਰਾ ॥ ਜੋ ਸਚਿ ਰਾਤੇ ਤਿਨ ਬਹੁੜਿ ਨ ਫੇਰਾ ॥ ਨਾਨਕ ਨਾਮੁ ਦ੍ਰਿੜਾਏ ਪੂਰਾ ਗੁਰੁ ਮੇਰਾ ॥੪॥੫॥ {ਪੰਨਾ ੭੯੮}

ਪਦ ਅਰਥ :—ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪਾ ਕੇ । ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} ਜਿਸ ਨੂੰ, ਜਿਸ ਮਨੁੱਖ ਦੇ ਹਿਰਦੇ ਵਿਚ । ਆਪੇ—(ਪ੍ਰਭੂ) ਆਪ ਹੀ । ਤਿਤੁ—{ਲਫ਼ਜ਼ 'ਤਿਸੁ' ਤੋਂ ਅਧਿਕਰਣ ਕਾਰਕ} ਉਸ ਵਿਚ । ਘਰਿ—ਘਰ ਵਿਚ । ਤਿਤੁ ਘਰਿ—ਉਸ ਹਿਰਦੇ-ਘਰ ਵਿਚ {ਤਿਸੁ ਘਰਿ—ਉਸ ਦੇ ਘਰ ਵਿਚ} । ਬਿਲਾਵਲੁ—ਖ਼ੁਸ਼ੀ, ਆਨੰਦ । ਸਬਦਿ—ਸ਼ਬਦ ਦੀ ਰਾਹੀਂ । ਸੁਹਾਏ—(ਉਹ ਮਨੁੱਖ) ਸੋਹਣਾ ਬਣ ਜਾਂਦਾ ਹੈ । ਨਾਰੀ ਗਾਵਹਿ—ਨਾਰੀਆਂ ਗਾਂਦੀਆਂ ਹਨ, ਇੰਦ੍ਰੇ ਗਾਂਦੇ ਹਨ । ਮੰਗਲੁ—(ਪ੍ਰਭੂ ਦੀ) ਸਿਫ਼ਤਿ-ਸਾਲਾਹ ਦਾ ਗੀਤ । ਆਇ—ਆਇ; ਆ ਕੇ, ਰਲ ਕੇ । ਮਿਲਿ—ਮਿਲ ਕੇ ।੧।

ਹਉ—ਮੈਂ । ਬਲਿਹਾਰੈ—ਕੁਰਬਾਨ । ਮੰਨਿ—ਮਨਿ, ਮਨ ਵਿਚ । ਵਸਾਏ—ਵਸਾਇਆ ਹੈ । ਮਿਲਿਆ—ਮਿਲਿਆਂ । ਕਉ—ਨੂੰ । ਪਾਈਐ—ਪ੍ਰਾਪਤ ਕਰੀਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਏ—ਸੁਭਾਇ, ਪ੍ਰੇਮ ਵਿਚ ।੧।ਰਹਾਉ।

ਰੰਗਿ—ਰੰਗ ਵਿਚ, ਪ੍ਰੇਮ ਵਿਚ । ਤੇਰੈ ਚਾਏ—ਤੇਰੈ ਚਾਇ, ਤੇਰੇ ਚਾਉ ਵਿਚ । ਮਨਿ—ਮਨ ਵਿਚ । ਆਏ—ਆਇ, ਆ ਕੇ । ਆਪੇ—(ਪ੍ਰਭੂ) ਆਪ ਹੀ । ਸਦ—ਸਦਾ । ਮੇਲਿ—ਮੇਲ ਵਿਚ, ਆਪਣੇ ਚਰਨਾਂ ਵਿਚ ।੨।

ਰੰਗਾਏ—ਰੰਗ ਚਾੜ੍ਹਦਾ ਹੈ । ਨਿਜ ਘਰਿ—ਆਪਣੇ (ਹਿਰਦੇ-) ਘਰ ਵਿਚ । ਗਾਏ—ਗਾ ਕੇ । ਚਲੂਲੈ ਰੰਗਿ—ਗੂੜ੍ਹੇ ਰੰਗ ਵਿਚ । ਭਾਏ—ਭਾਇ, ਪ੍ਰੇਮ ਵਿਚ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਸਮਾਏ—ਸਮਾਇ, ਲੀਨ ਹੋ ਕੇ ।੩।

ਅੰਤਰਿ—ਅੰਦਰ । ਅਗਿਆਨੁ—(ਜੀਵਨ-ਰਾਹ ਵਲੋਂ) ਬੇ-ਸਮਝੀ । ਸਚਿ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ । ਬਹੁੜਿ—ਮੁੜ, ਫਿਰ । ਦ੍ਰਿੜਾਏ—ਪੱਕਾ ਕਰ ਦੇਂਦਾ ਹੈ ।੪।

ਅਰਥ :—(ਹੇ ਭਾਈ!) ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਜਿਨ੍ਹਾਂ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਇਆ ਹੈ । (ਹੇ ਭਾਈ!) ਪਰਮਾਤਮਾ ਦੇ (ਇਹੋ ਜਿਹੇ) ਸੇਵਕਾਂ ਦੀ ਸੰਗਤਿ ਕੀਤਿਆਂ ਆਤਮਕ ਆਨੰਦ ਮਿਲਦਾ ਹੈ । (ਜੇਹੜਾ ਮਨੁੱਖ ਹਰਿ-ਜਨਾਂ ਨੂੰ ਮਿਲਦਾ ਹੈ, ਉਹ ਭੀ) ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣ ਲੱਗ ਪੈਂਦਾ ਹੈ ।੧।ਰਹਾਉ।

(ਹੇ ਭਾਈ!) ਗੁਰੂ ਦੀ ਰਾਹੀਂ ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪਣਾ ਪਿਆਰ ਪੈਦਾ ਕਰਦਾ ਹੈ, ਉਸ ਹਿਰਦੇ-ਘਰ ਵਿਚ (ਸਦਾ) ਖਿੜਾਉ (ਬਣਿਆ ਰਹਿੰਦਾ) ਹੈ, ਗੁਰੂ ਦੀ ਬਰਕਤਿ ਨਾਲ ਉਸ ਮਨੁੱਖ ਦਾ ਜੀਵਨ ਸੋਹਣਾ ਬਣ ਜਾਂਦਾ ਹੈ । ਉਸ ਦੇ ਸਾਰੇ ਗਿਆਨ-ਇੰਦ੍ਰੇ ਰਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿੰਦੇ ਹਨ । ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਹੈ ।੧।

(ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਉਹ) ਸਦਾ ਤੇਰੇ ਪ੍ਰੇਮ ਵਿਚ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ । (ਹੇ ਭਾਈ!) ਪ੍ਰਭੂ ਆਪ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ । ਪ੍ਰਭੂ ਆਪ ਹੀ ਉਹਨਾਂ ਨੂੰ ਸਦਾ ਲਈ ਵਡਿਆਈ ਬਖ਼ਸ਼ਦਾ ਹੈ, ਗੁਰੂ ਦੀ ਸਰਨ ਪਾ ਕੇ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ।੨।

ਹੇ ਭਾਈ! ਗੁਰੂ ਦੀ ਸਰਨ ਪੈ ਕੇ (ਜੇਹੜੇ ਮਨੁੱਖ ਗੁਰੂ ਦੇ) ਸ਼ਬਦ ਵਿਚ ਰੰਗੇ ਜਾਂਦੇ ਹਨ, (ਪ੍ਰਭੂ ਉਹਨਾਂ ਨੂੰ ਆਪਣੇ ਨਾਮ ਦਾ) ਰੰਗ ਚਾੜ੍ਹਦਾ ਹੈ, ਪ੍ਰਭੂ ਦੇ ਗੁਣ ਗਾ ਗਾ ਕੇ ਉਹਨਾਂ ਦਾ ਆਪਣੇ ਹਿਰਦੇ-ਘਰ ਵਿਚ ਟਿਕਾਣਾ ਬਣਿਆ ਰਹਿੰਦਾ ਹੈ (ਉਹ ਕਦੇ ਭਟਕਦੇ ਨਹੀਂ) ਪ੍ਰਭੂ ਦੇ ਨਾਮ-ਰਸ ਵਿਚ ਪ੍ਰੇਮ ਵਿਚ (ਟਿਕੇ ਰਹਿਣ ਕਰ ਕੇ) ਉਹ ਗੂੜ੍ਹੇ ਰੰਗ ਵਿਚ ਰੰਗੇ ਰਹਿੰਦੇ ਹਨ । ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿਣ ਕਰਕੇ ਉਹਨਾਂ ਦਾ ਇਹ ਨਾਮ-ਰੰਗ ਕਦੇ ਨਹੀਂ ਉਤਰਦਾ ।੩।

ਹੇ ਭਾਈ! ਜਿਨ੍ਹਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ ਉਹਨਾਂ ਦੇ ਅੰਦਰੋਂ ਅਗਿਆਨ-ਹਨੇਰਾ ਦੂਰ ਹੋ ਜਾਂਦਾ ਹੈ, ਜਿਨ੍ਹਾਂ ਨੂੰ ਗੁਰੂ ਦਾ ਬਖ਼ਸ਼ਿਆ ਗਿਆਨ ਪ੍ਰਾਪਤ ਹੋ ਜਾਂਦਾ ਹੈ ਉਹਨਾਂ ਨੂੰ ਪਿਆਰਾ ਪ੍ਰਭੂ ਮਿਲ ਪੈਂਦਾ ਹੈ । ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ) ਵਿਚ ਮਸਤ ਰਹਿੰਦੇ ਹਨ, ਉਹਨਾਂ ਨੂੰ ਜਨਮ-ਮਰਨ ਦਾ ਗੇੜ ਨਹੀਂ ਪੈਂਦਾ । (ਪਰ) ਹੇ ਨਾਨਕ! ਪੂਰਾ ਗੁਰੂ ਹੀ (ਮਨੁੱਖ ਦੇ ਅੰਦਰ) ਨਾਮ ਜਪਣ ਦਾ ਸੁਭਾਉ ਪੱਕਾ ਕਰ ਸਕਦਾ ਹੈ ।੪।੫।

ਬਿਲਾਵਲੁ ਮਹਲਾ ੩ ॥ ਪੂਰੇ ਗੁਰ ਤੇ ਵਡਿਆਈ ਪਾਈ ॥ ਅਚਿੰਤ ਨਾਮੁ ਵਸਿਆ ਮਨਿ ਆਈ ॥ ਹਉਮੈ ਮਾਇਆ ਸਬਦਿ ਜਲਾਈ ॥ ਦਰਿ ਸਾਚੈ ਗੁਰ ਤੇ ਸੋਭਾ ਪਾਈ ॥੧॥ ਜਗਦੀਸ ਸੇਵਉ ਮੈ ਅਵਰੁ ਨ ਕਾਜਾ ॥ ਅਨਦਿਨੁ ਅਨਦੁ ਹੋਵੈ ਮਨਿ ਮੇਰੈ ਗੁਰਮੁਖਿ ਮਾਗਉ ਤੇਰਾ ਨਾਮੁ ਨਿਵਾਜਾ ॥੧॥ ਰਹਾਉ ॥ ਮਨ ਕੀ ਪਰਤੀਤਿ ਮਨ ਤੇ ਪਾਈ ॥ ਪੂਰੇ ਗੁਰ ਤੇ ਸਬਦਿ ਬੁਝਾਈ ॥ ਜੀਵਣ ਮਰਣੁ ਕੋ ਸਮਸਰਿ ਵੇਖੈ ॥ ਬਹੁੜਿ ਨ ਮਰੈ ਨਾ ਜਮੁ ਪੇਖੈ ॥੨॥ ਘਰ ਹੀ ਮਹਿ ਸਭਿ ਕੋਟ ਨਿਧਾਨ ॥ ਸਤਿਗੁਰਿ ਦਿਖਾਏ ਗਇਆ ਅਭਿਮਾਨੁ ॥ ਸਦ ਹੀ ਲਾਗਾ ਸਹਜਿ ਧਿਆਨ ॥ ਅਨਦਿਨੁ ਗਾਵੈ ਏਕੋ ਨਾਮ ॥੩॥ ਇਸੁ ਜੁਗ ਮਹਿ ਵਡਿਆਈ ਪਾਈ ॥ ਪੂਰੇ ਗੁਰ ਤੇ ਨਾਮੁ ਧਿਆਈ ॥ ਜਹ ਦੇਖਾ ਤਹ ਰਹਿਆ ਸਮਾਈ ॥ ਸਦਾ ਸੁਖਦਾਤਾ ਕੀਮਤਿ ਨਹੀ ਪਾਈ ॥੪॥ ਪੂਰੈ ਭਾਗਿ ਗੁਰੁ ਪੂਰਾ ਪਾਇਆ ॥ ਅੰਤਰਿ ਨਾਮੁ ਨਿਧਾਨੁ ਦਿਖਾਇਆ ॥ ਗੁਰ ਕਾ ਸਬਦੁ ਅਤਿ ਮੀਠਾ ਲਾਇਆ ॥ ਨਾਨਕ ਤ੍ਰਿਸਨ ਬੁਝੀ ਮਨਿ ਤਨਿ ਸੁਖੁ ਪਾਇਆ ॥੫॥੬॥੪॥੬॥੧੦॥ {ਪੰਨਾ ੭੯੮}

ਪਦ ਅਰਥ :—ਤੇ—ਤੋਂ । ਵਡਿਆਈ—ਗੌਰਵਤਾ, ਇੱਜ਼ਤ । ਅਚਿੰਤ ਨਾਮੁ—ਚਿੰਤਾ ਤੋਂ ਬਚਾਣ ਵਾਲਾ ਹਰਿ-ਨਾਮ । ਮਨਿ—ਮਨ ਵਿਚ । ਸਬਦਿ—ਸ਼ਬਦ ਨੇ । ਦਰਿ—ਦਰ ਉਤੇ ।੧।

ਜਗਦੀਸ—{ਜਗਤ-ਈਸ਼} ਹੇ ਜਗਤ ਦੇ ਮਾਲਕ! ਸੇਵਉ—ਸੇਵਉਂ, ਮੈਂ ਸੇਵਾ ਕਰਦਾ ਰਹਾਂ । ਮੈ—ਮੈਨੂੰ । ਅਵਰੁ—ਹੋਰ । ਅਨਦਿਨੁ—ਹਰ ਰੋਜ਼ । ਗੁਰਮੁਖਿ—ਗੁਰੂ ਦੀ ਰਾਹੀਂ । ਮਾਗਉ—ਮਾਂਗਉਂ, ਮੈਂ ਮੰਗਦਾ ਹਾਂ । ਨਿਵਾਜਾ—ਬਖ਼ਸ਼ਸ਼ ਕਰਨ ਵਾਲਾ ।੧।ਰਹਾਉ।

ਪਰਤੀਤਿ—ਸਰਧਾ, ਨਿਸ਼ਚਾ । ਮਨ ਤੇ—ਮਨ ਤੋਂ, ਅੰਦਰੋਂ ਹੀ । ਤੇ—ਤੋਂ । ਸਬਦਿ—ਸ਼ਬਦ ਦੀ ਰਾਹੀਂ । ਬੁਝਾਈ—ਸਮਝ । ਜੀਵਣ ਮਰਣੁ—ਜਨਮ ਤੋਂ ਮਰਨ ਤਕ, ਸਾਰੀ ਉਮਰ । ਕੋ—ਜੇਹੜਾ ਕੋਈ ਮਨੁੱਖ । ਸਮਸਰਿ—ਬਰਾਬਰ, ਇੱਕ-ਸਮਾਨ । ਬਹੁੜਿ—ਮੁੜ । ਪੇਖੈ—ਵੇਖਦਾ ।੨।

ਘਰ—ਹਿਰਦਾ-ਘਰ । ਮਹਿ—ਵਿਚ । ਸਭਿ ਕੋਟ—ਸਾਰੇ ਕਿਲ੍ਹੇ {ਕੋਟਿ—ਕ੍ਰੋੜ । ਕੋਟੁ—ਕਿਲ੍ਹਾ । ਕੋਟ—ਕਿਲ੍ਹੇ} । ਨਿਧਾਨ—ਖ਼ਜ਼ਾਨੇ । ਸਤਿਗੁਰਿ—ਗੁਰੂ ਨੇ । ਅਭਿਮਾਨੁ—ਅਹੰਕਾਰ । ਸਦ—ਸਦਾ । ਸਹਜਿ—ਆਤਮਕ ਅਡੋਲਤਾ ਵਿਚ । ਏਕੋ ਨਾਮ—ਇਕ ਨਾਮ ਹੀ ।੩।

ਜੁਗ ਮਹਿ—ਜਗਤ ਵਿਚ । ਦੇਖਾ—ਦੇਖਾਂ, ਮੈਂ ਵੇਖਦਾ ਹਾਂ ।੪।

ਭਾਗਿ—ਕਿਸਮਤ ਨਾਲ । ਅੰਤਰਿ—(ਹਿਰਦੇ ਦੇ) ਅੰਦਰ । ਨਿਧਾਨੁ—ਖ਼ਜ਼ਾਨਾ । ਮਨਿ—ਮਨ ਵਿਚ । ਤਨਿ—ਸਰੀਰ ਵਿਚ ।੫।

ਅਰਥ :—ਹੇ ਜਗਤ ਦੇ ਮਾਲਕ-ਪ੍ਰਭੂ! (ਮੇਹਰ ਕਰ) ਮੈਂ (ਤੇਰਾ ਨਾਮ) ਸਿਮਰਦਾ ਰਹਾਂ, (ਇਸ ਤੋਂ ਚੰਗਾ) ਮੈਨੂੰ ਹੋਰ ਕੋਈ ਕੰਮ ਨਾਹ ਲੱਗੇ । (ਹੇ ਪ੍ਰਭੂ!) ਗੁਰੂ ਦੀ ਸਰਨ ਪੈ ਕੇ (ਆਤਮਕ ਆਨੰਦ ਦੀ) ਬਖ਼ਸ਼ਸ਼ ਕਰਨ ਵਾਲਾ ਤੇਰਾ ਨਾਮ ਮੰਗਦਾ ਹਾਂ (ਤਾ ਕਿ) ਮੇਰੇ ਮਨ ਵਿਚ (ਉਸ ਨਾਮ ਦੀ ਬਰਕਤਿ ਨਾਲ) ਹਰ ਵੇਲੇ ਆਨੰਦ ਬਣਿਆ ਰਹੇ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ ਵਡਿਆਈ-ਇੱਜ਼ਤ ਪ੍ਰਾਪਤ ਕਰ ਲਈ, ਉਸ ਦੇ ਮਨ ਵਿਚ ਉਹ ਹਰਿ-ਨਾਮ ਆ ਵੱਸਦਾ ਹੈ ਜੋ ਹਰੇਕ ਕਿਸਮ ਦਾ ਫ਼ਿਕਰ-ਤੌਖਲਾ ਦੂਰ ਕਰ ਦੇਂਦਾ ਹੈ । ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦੇ ਕਾਰਨ ਪੈਦਾ ਹੋਈ ਹਉਮੈ ਸਾੜ ਲਈ, ਉਸ ਨੇ ਗੁਰੂ ਦੀ ਕਿਰਪਾ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸੋਭਾ ਖੱਟ ਲਈ ।੧।

ਹੇ ਭਾਈ! ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ (ਉਸ ਦੇ) ਸ਼ਬਦ ਦੀ ਰਾਹੀਂ (ਆਤਮਕ ਜੀਵਨ ਦੀ) ਸੂਝ ਪ੍ਰਾਪਤ ਕਰ ਲਈ, ਉਸ ਨੇ ਆਪਣੇ ਅੰਦਰੋਂ ਹੀ ਆਪਣੇ ਮਨ ਵਾਸਤੇ ਸਰਧਾ-ਵਿਸ਼ਵਾਸ ਦੀ ਦਾਤਿ ਲੱਭ ਲਈ (ਇਹ ਸਰਧਾ ਕਿ ਪਰਮਾਤਮਾ ਸਾਰੇ ਜਗਤ ਵਿਚ ਇਕ-ਸਮਾਨ ਵਿਆਪਕ ਹੈ) । ਹੇ ਭਾਈ! ਜੇਹੜਾ ਭੀ ਮਨੁੱਖ ਸਾਰੀ ਉਮਰ ਪ੍ਰਭੂ ਨੂੰ (ਸ੍ਰਿਸ਼ਟੀ ਵਿਚ) ਇਕ-ਸਮਾਨ (ਵੱਸਦਾ) ਵੇਖਦਾ ਹੈ, ਉਸ ਨੂੰ ਕਦੇ ਆਤਮਕ ਮੌਤ ਨਹੀਂ ਵਿਆਪਦੀ, ਉਸ ਵਲ ਜਮਰਾਜ ਕਦੇ ਨਹੀਂ ਤੱਕਦਾ ।੨।

ਹੇ ਭਾਈ! (ਹਰੇਕ ਮਨੁੱਖ ਦੇ) ਹਿਰਦੇ-ਘਰ ਵਿਚ ਸਾਰੇ (ਸੁਖਾਂ ਦੇ) ਖ਼ਜ਼ਾਨਿਆਂ ਦੇ (ਕੋਟਾਂ ਦੇ) ਕੋਟ ਮੌਜੂਦ ਹਨ । ਜਿਸ ਮਨੁੱਖ ਨੂੰ ਗੁਰੂ ਨੇ (ਇਹ ਕੋਟ) ਵਿਖਾ ਦਿੱਤੇ, ਉਸ ਦੇ ਅੰਦਰੋਂ ਅਹੰਕਾਰ ਦੂਰ ਹੋ ਗਿਆ । ਉਹ ਮਨੁੱਖ ਸਦਾ ਹੀ ਆਤਮਕ ਅਡੋਲਤਾ ਵਿਚ ਸੁਰਤਿ ਜੋੜੀ ਰੱਖਦਾ ਹੈ । ਉਹ ਮਨੁੱਖ ਹਰ ਵੇਲੇ ਇਕੋ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ।੩।

ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਪਾਸੋਂ (ਸਿੱਖਿਆ ਲੈ ਕੇ) ਪ੍ਰਭੂ ਦਾ ਨਾਮ ਸਿਮਰਦਾ ਹੈ, ਉਹ ਇਸ ਜਗਤ ਵਿਚ ਇੱਜ਼ਤ ਪ੍ਰਾਪਤ ਕਰਦਾ ਹੈ । ਹੇ ਭਾਈ!

ਮੈਂ ਤਾਂ ਜਿੱਧਰ ਵੇਖਦਾ ਹਾਂ, ਉਧਰ ਹੀ ਉਹ ਪਰਮਾਤਮਾ ਮੌਜੂਦ ਦਿੱਸਦਾ ਹੈ । ਉਹ ਸਦਾ ਹੀ (ਸਭਨਾਂ ਨੂੰ) ਸੁਖ ਦੇਣ ਵਾਲਾ ਹੈ । ਪਰ ਉਹ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ ।੪।

ਹੇ ਭਾਈ! ਜਿਸ ਮਨੁੱਖ ਨੇ ਪੂਰੀ ਕਿਸਮਤ ਨਾਲ ਪੂਰਾ ਗੁਰੂ ਲੱਭ ਲਿਆ, ਗੁਰੂ ਨੇ ਉਸ ਨੂੰ ਉਸ ਦੇ ਹਿਰਦੇ ਵਿਚ ਹੀ ਪਰਮਾਤਮਾ ਦਾ ਨਾਮ-ਖ਼ਜ਼ਾਨਾ ਵਿਖਾਲ ਦਿੱਤਾ । ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਦਾ ਸ਼ਬਦ ਬਹੁਤ ਪਿਆਰਾ ਲੱਗਣ ਲੱਗ ਪਿਆ, ਉਸ ਦੇ ਅੰਦਰੋਂ ਮਾਇਆ ਦੀ ਤ੍ਰੇਹ ਬੁੱਝ ਗਈ । ਉਸ ਨੂੰ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਆਨੰਦ ਹੀ ਆਨੰਦ ਹਾਸਲ ਹੋ ਗਿਆ ।੫।੬।੧੦।

ਮ: ੧ — ੪ ਸ਼ਬਦ
ਮ: ੩ — ੬ ਸ਼ਬਦ
. . ਜੋੜ ੧੦ ਸ਼ਬਦ

ਰਾਗੁ ਬਿਲਾਵਲੁ ਮਹਲਾ ੪ ਘਰੁ ੩
ੴ ਸਤਿਗੁਰ ਪ੍ਰਸਾਦਿ ॥ ਉਦਮ ਮਤਿ ਪ੍ਰਭ ਅੰਤਰਜਾਮੀ ਜਿਉ ਪ੍ਰੇਰੇ ਤਿਉ ਕਰਨਾ ॥ ਜਿਉ ਨਟੂਆ ਤੰਤੁ ਵਜਾਏ ਤੰਤੀ ਤਿਉ ਵਾਜਹਿ ਜੰਤ ਜਨਾ ॥੧॥ ਜਪਿ ਮਨ ਰਾਮ ਨਾਮੁ ਰਸਨਾ ॥ ਮਸਤਕਿ ਲਿਖਤ ਲਿਖੇ ਗੁਰੁ ਪਾਇਆ, ਹਰਿ ਹਿਰਦੈ ਹਰਿ ਬਸਨਾ ॥੧॥ ਰਹਾਉ ॥ ਮਾਇਆ ਗਿਰਸਤਿ ਭ੍ਰਮਤੁ ਹੈ ਪ੍ਰਾਨੀ, ਰਖਿ ਲੇਵਹੁ ਜਨੁ ਅਪਨਾ ॥ ਜਿਉ ਪ੍ਰਹਿਲਾਦੁ ਹਰਣਾਖਸਿ ਗ੍ਰਸਿਓ, ਹਰਿ ਰਾਖਿਓ ਹਰਿ ਸਰਨਾ ॥੨॥ ਕਵਨ ਕਵਨ ਕੀ ਗਤਿ ਮਿਤਿ ਕਹੀਐ ਹਰਿ ਕੀਏ ਪਤਿਤ ਪਵੰਨਾ ॥ ਓਹੁ ਢੋਵੈ ਢੋਰ, ਹਾਥਿ ਚਮੁ ਚਮਰੇ, ਹਰਿ ਉਧਰਿਓ ਪਰਿਓ ਸਰਨਾ ॥੩॥ ਪ੍ਰਭ ਦੀਨ ਦਇਆਲ ਭਗਤ ਭਵ ਤਾਰਨ, ਹਮ ਪਾਪੀ ਰਾਖੁ ਪਪਨਾ ॥ ਹਰਿ ਦਾਸਨ ਦਾਸ ਦਾਸ ਹਮ ਕਰੀਅਹੁ, ਜਨ ਨਾਨਕ ਦਾਸ ਦਾਸੰਨਾ ॥੪॥੧॥ {ਪੰਨਾ ੭੯੮-੭੯੯}

ਪਦ ਅਰਥ :—ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ । ਪ੍ਰੇਰੇ—ਪ੍ਰੇਰਨਾ ਕਰਦਾ ਹੈ । ਨਟੂਆ—ਨਾਟਕ ਕਰਨ ਵਾਲਾ । ਤੰਤੀ—ਵੀਣਾ । ਤੰਤੁ—ਤਾਰ । ਤੰਤੀ ਤੰਤੁ—ਵੀਣਾ ਦੀ ਤਾਰ । ਜੰਤ—{ਯੰਤ੍ਰ} ਵਾਜੇ । ਵਾਜਹਿ—ਵੱਜਦੇ ਹਨ । ਜਨਾ—ਜੀਵ ।੧।

ਮਨ—ਹੇ ਮਨ! ਰਸਨਾ—ਜੀਭ ਨਾਲ । ਮਸਤਕਿ—ਮੱਥੇ ਉਤੇ । ਹਿਰਦੈ—ਹਿਰਦੇ ਵਿਚ ।੧।ਰਹਾਉ।

ਗਿਰਸਤਿ—ਗ੍ਰਸਿਆ ਹੋਇਆ, ਜਕੜਿਆ ਹੋਇਆ । ਪ੍ਰਾਨੀ—ਜੀਵ । ਜਨੁ—ਦਾਸ । ਹਰਣਾਖਸਿ—ਹਰਣਾਖਸ ਨੇ । ਗ੍ਰਸਿਓ—ਗ੍ਰਸਿਆ, ਆਪਣੇ ਕਾਬੂ ਵਿਚ ਕੀਤਾ ।੨।

ਗਤਿ ਮਿਤਿ—ਹਾਲਤ । ਪਤਿਤ—ਵਿਕਾਰੀ, ਵਿਕਾਰਾਂ ਵਿਚ ਡਿੱਗੇ ਹੋਏ {ਪਤੱ—ਟੋ ਡਓਲਲ} । ਪਵੰਨਾ—ਪਵਿੱਤਰ । ਢੋਰ—ਮੋਏ ਹੋਏ ਪਸ਼ੂ । ਹਾਥਿ—ਹੱਥ ਵਿਚ । ਚਮਰੇ ਹਾਥਿ—ਚਮਾਰ ਦੇ ਹੱਥ ਵਿਚ । ਉਧਰਿਓ—ਪਾਰ ਲੰਘਾ ਦਿੱਤਾ ।੩।

ਦੀਨ—ਗਰੀਬ, ਕੰਗਾਲ । ਦਇਆਲ—ਦਇਆ ਦਾ ਘਰ । ਦੀਨ ਦਇਆਲ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਭਵ—ਸੰਸਾਰ-ਸਮੁੰਦਰ । ਭਵ ਤਾਰਨ—ਹੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ! ਪਪਨਾ—ਪਾਪਾਂ ਤੋਂ । ਦਾਸ ਦਾਸੰਨਾ—ਦਾਸਾਂ ਦਾ ਦਾਸ ।੪।

ਅਰਥ :—ਹੇ (ਮੇਰੇ) ਮਨ! ਜੀਭ ਨਾਲ ਪਰਮਾਤਮਾ ਦਾ ਨਾਮ ਜਪਿਆ ਕਰ । ਜਿਸ ਮਨੁੱਖ ਦੇ ਮੱਥੇ ਉਤੇ ਲਿਖੇ ਹੋਏ ਚੰਗੇ ਭਾਗ ਉੱਘੜ ਪੈਣ, ਉਸ ਨੂੰ ਗੁਰੂ ਮਿਲ ਪੈਂਦਾ ਹੈ, (ਗੁਰੂ ਦੀ ਸਹੈਤਾ ਨਾਲ ਉਸ ਦੇ) ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ ।੧।ਰਹਾਉ।

ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉੱਦਮ ਕਰਨ ਦੀ ਅਕਲ (ਜੀਵਾਂ ਨੂੰ ਆਪ ਦੇਂਦਾ ਹੈ) । ਜਿਵੇਂ ਉਹ ਸਾਨੂੰ ਪ੍ਰੇਰਨਾ ਕਰਦਾ ਹੈ ਤਿਵੇਂ ਅਸੀ ਕਰਦੇ ਹਾਂ । ਜਿਵੇਂ ਕੋਈ ਨਾਟਕ ਕਰਨ ਵਾਲਾ ਮਨੁੱਖ ਵੀਣਾ (ਆਦਿਕ ਸਾਜ) ਦੀ ਤਾਰ ਵਜਾਂਦਾ ਹੈ (ਤਿਵੇਂ ਉਹ ਸਾਜ ਵੱਜਦਾ ਹੈ); ਤਿਵੇਂ ਸਾਰੇ ਜੀਵ (ਜੋ, ਮਾਨੋ) ਵਾਜੇ (ਹਨ, ਪ੍ਰਭੂ ਦੇ ਵਜਾਇਆਂ) ਵੱਜਦੇ ਹਨ ।੧।

ਹੇ ਪ੍ਰਭੂ! ਮਾਇਆ ਦੇ ਮੋਹ ਵਿਚ ਫਸਿਆ ਹੋਇਆ ਜੀਵ ਭਟਕਦਾ ਫਿਰਦਾ ਹੈ, (ਮੈਨੂੰ) ਆਪਣੇ ਦਾਸ ਨੂੰ (ਇਸ ਮਾਇਆ ਦੇ ਮੋਹ ਤੋਂ) ਬਚਾ ਲੈ (ਉਸ ਤਰ੍ਹਾਂ ਬਚਾ ਲੈ) ਜਿਵੇਂ, ਹੇ ਹਰੀ! ਤੂੰ ਸਰਨ ਪਏ ਪ੍ਰਹਿਲਾਦ ਦੀ ਰੱਖਿਆ ਕੀਤੀ, ਜਦੋਂ ਉਸ ਨੂੰ ਹਰਣਾਖਸ ਨੇ ਦੁੱਖ ਦਿੱਤਾ ।੨।

ਹੇ ਭਾਈ! ਕਿਸ ਕਿਸ ਦੀ ਹਾਲਤ ਦੱਸੀ ਜਾਏ? ਉਹ ਪਰਮਾਤਮਾ ਤਾਂ ਬੜੇ ਬੜੇ ਵਿਕਾਰੀਆਂ ਨੂੰ ਪਵਿੱਤਰ ਕਰ ਦੇਂਦਾ ਹੈ । (ਵੇਖੋ,) ਉਹ (ਰਵਿਦਾਸ) ਮੋਏ ਹੋਏ ਪਸ਼ੂ ਢੋਂਦਾ ਸੀ, (ਉਸ) ਚਮਾਰ ਦੇ ਹੱਥ ਵਿਚ (ਨਿੱਤ) ਚਮ (ਫੜਿਆ ਹੁੰਦਾ) ਸੀ, ਪਰ ਜਦੋਂ ਉਹ ਪ੍ਰਭੂ ਦੀ ਸਰਨ ਪਿਆ, ਪ੍ਰਭੂ ਨੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ।੩।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਹੇ ਭਗਤਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ ਪ੍ਰਭੂ! ਸਾਨੂੰ ਪਾਪੀ ਜੀਵਾਂ ਨੂੰ ਪਾਪਾਂ ਤੋਂ ਬਚਾ ਲੈ । ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਸਾਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ।੪।੧।

ਬਿਲਾਵਲੁ ਮਹਲਾ ੪ ॥ ਹਮ ਮੂਰਖ ਮੁਗਧ ਅਗਿਆਨ ਮਤੀ ਸਰਣਾਗਤਿ ਪੁਰਖ ਅਜਨਮਾ ॥ ਕਰਿ ਕਿਰਪਾ ਰਖਿ ਲੇਵਹੁ ਮੇਰੇ ਠਾਕੁਰ ਹਮ ਪਾਥਰ ਹੀਨ ਅਕਰਮਾ ॥੧॥ ਮੇਰੇ ਮਨ ਭਜੁ ਰਾਮ ਨਾਮੈ ਰਾਮਾ ॥ ਗੁਰਮਤਿ ਹਰਿ ਰਸੁ ਪਾਈਐ ਹੋਰਿ ਤਿਆਗਹੁ ਨਿਹਫਲ ਕਾਮਾ ॥੧॥ ਰਹਾਉ ॥ ਹਰਿ ਜਨ ਸੇਵਕ ਸੇ ਹਰਿ ਤਾਰੇ ਹਮ ਨਿਰਗੁਨ ਰਾਖੁ ਉਪਮਾ ॥ ਤੁਝ ਬਿਨੁ ਅਵਰੁ ਨ ਕੋਈ ਮੇਰੇ ਠਾਕੁਰ ਹਰਿ ਜਪੀਐ ਵਡੇ ਕਰੰਮਾ ॥੨॥ ਨਾਮ ਹੀਨ ਧ੍ਰਿਗੁ ਜੀਵਤੇ ਤਿਨ ਵਡ ਦੂਖ

ਸਹੰਮਾ ॥ ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮੰਦਭਾਗੀ ਮੂੜ ਅਕਰਮਾ ॥੩॥ ਹਰਿ ਜਨ ਨਾਮੁ ਅਧਾਰੁ ਹੈ ਧੁਰਿ ਪੂਰਬਿ ਲਿਖੇ ਵਡ ਕਰਮਾ ॥ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਜਨ ਨਾਨਕ ਸਫਲੁ ਜਨੰਮਾ ॥੪॥੨॥ {ਪੰਨਾ ੭੯੯}

ਪਦ ਅਰਥ :—ਮੁਗਧ—ਮੂਰਖ । ਗਿਆਨ—ਸਹੀ ਜੀਵਨ ਦੀ ਸੂਝ । ਅਗਿਆਨ ਮਤੀ—(ਸਹੀ ਜੀਵਨ ਵਲੋਂ) ਬੇ-ਸਮਝੀ । ਸਰਣਾਗਤਿ—ਸਰਣ-ਆਗਤਿ, ਸਰਨ ਪਏ । ਪੁਰਖ—ਹੇ ਸਰਬ-ਵਿਆਪਕ! ਅਜਨਮਾ—ਹੇ ਜਨਮ ਤੋਂ ਰਹਿਤ! ਹੀਨ—ਨਿਮਾਣੇ । ਅਕਰਮਾ—ਅ-ਕਰਮ, ਕਰਮ-ਹੀਣ, ਭਾਗ-ਹੀਣ ।੧।

ਭਜੁ—ਸਿਮਰ । ਨਾਮੈ—ਨਾਮ ਨੂੰ । ਰਸੁ—ਆਨੰਦ । ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} । ਕਾਮਾ—ਕੰਮ ।੧।ਰਹਾਉ।

ਸੇ—{ਬਹੁ-ਵਚਨ} ਉਹ ਬੰਦੇ । ਨਿਰਗੁਨ—ਗੁਣ-ਹੀਨ । ਉਪਮਾ—ਵਡਿਆਈ, ਸੋਭਾ । ਅਵਰੁ—ਹੋਰ । ਠਾਕੁਰ—ਹੇ ਠਾਕੁਰ! ਵਡ ਕਰੰਮਾ—ਵੱਡੇ ਭਾਗਾਂ ਨਾਲ ।੨।

ਹੀਨ—ਸੱਖਣੇ, ਖ਼ਾਲੀ । ਧ੍ਰਿਗੁ—ਫਿਟਕਾਰ-ਜੋਗ । ਸਹੰਮਾ—ਸਹਿਮ, ਫ਼ਿਕਰ । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਫਿਰਿ ਫਿਰਿ—ਮੁੜ ਮੁੜ । ਭਵਾਈਅਹਿ—ਭਵਾਏ ਜਾਂਦੇ ਹਨ । ਅਕਰਮ—ਭਾਗ-ਹੀਣ ।੩।

ਅਧਾਰੁ—ਆਸਰਾ । ਧੁਰਿ—ਧੁਰ ਦਰਗਾਹ ਤੋਂ । ਪੂਰਬਿ—ਪੂਰਬਲੇ ਜਨਮ ਵਿਚ । ਕਰਮ—ਭਾਗ । ਗੁਰਿ—ਗੁਰੂ ਨੇ । ਸਤਿਗੁਰਿ—ਸਤਿਗੁਰੂ ਨੇ । ਦ੍ਰਿੜਾਇਆ—(ਹਿਰਦੇ ਵਿਚ) ਪੱਕਾ ਕਰਾ ਦਿੱਤਾ । ਸਫਲੁ—ਕਾਮਯਾਬ ।੪।

ਅਰਥ :—ਹੇ (ਮੇਰੇ) ਮਨ! ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੁ । (ਹੇ ਭਾਈ!) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਪਰਮਾਤਮਾ ਦੇ ਨਾਮ ਦਾ ਆਨੰਦ ਮਿਲਦਾ ਹੈ । ਛੱਡੋ ਹੋਰ ਕੰਮਾਂ ਦਾ ਮੋਹ, (ਜਿੰਦ ਨੂੰ ਉਹਨਾਂ ਤੋਂ) ਕੋਈ ਲਾਭ ਨਹੀਂ ਮਿਲੇਗਾ ।੧।ਰਹਾਉ।

ਹੇ ਸਰਬ-ਵਿਆਪਕ ਪ੍ਰਭੂ! ਹੇ ਜੂਨਾਂ ਤੋਂ ਰਹਿਤ ਪ੍ਰਭੂ! ਅਸੀ ਜੀਵ ਮੂਰਖ ਹਾਂ, ਬੜੇ ਮੂਰਖ ਹਾਂ, ਬੇ ਸਮਝ ਹਾਂ (ਪਰ) ਤੇਰੀ ਸਰਨ ਪਏ ਹਾਂ । ਹੇ ਮੇਰੇ ਠਾਕੁਰ! ਮੇਹਰ ਕਰ, ਸਾਡੀ ਰੱਖਿਆ ਕਰ, ਅਸੀ ਪੱਥਰ (-ਦਿਲ) ਹਾਂ, ਅਸੀ ਨਿਮਾਣੇ ਹਾਂ ਤੇ ਮੰਦ-ਭਾਗੀ ਹਾਂ ।੧।

ਹੇ ਹਰੀ! ਜੇਹੜੇ ਮਨੁੱਖ ਤੇਰੇ (ਦਰ ਦੇ) ਸੇਵਕ ਬਣਦੇ ਹਨ ਤੂੰ ਉਹਨਾਂ ਨੂੰ ਪਾਰ ਲੰਘਾ ਲੈਂਦਾ ਹੈਂ । (ਪਰ) ਅਸੀ ਗੁਣ-ਹੀਨ ਹਾਂ, (ਗੁਣ-ਹੀਨਾਂ ਦੀ ਭੀ) ਰੱਖਿਆ ਕਰ (ਇਸ ਵਿਚ ਭੀ ਤੇਰੀ ਹੀ) ਸੋਭਾ ਹੋਵੇਗੀ । ਹੇ ਮੇਰੇ ਠਾਕੁਰ! ਤੈਥੋਂ ਬਿਨਾ ਮੇਰਾ ਕੋਈ (ਮਦਦਗਾਰ) ਨਹੀਂ । (ਹੇ ਭਾਈ!) ਵੱਡੀ ਕਿਸਮਤ ਨਾਲ ਹੀ ਪ੍ਰਭੂ ਦਾ ਨਾਮ ਜਪਿਆ ਜਾ ਸਕਦਾ ਹੈ ।੨।

(ਹੇ ਭਾਈ!) ਜੇਹੜੇ ਮਨੁੱਖ ਪ੍ਰਭੂ ਦੇ ਨਾਮ ਤੋਂ ਵਾਂਜੇ ਰਹਿੰਦੇ ਹਨ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੀ ਹੁੰਦਾ ਹੈ । ਉਹਨਾਂ ਨੂੰ ਬੜੇ ਦੁੱਖ ਸਹਿਮ (ਚੰਬੜੇ ਰਹਿੰਦੇ ਹਨ) । ਉਹ ਮਨੁੱਖ ਮੁੜ ਮੁੜ ਜੂਨਾਂ ਵਿਚ ਪਾਏ ਜਾਂਦੇ ਹਨ । ਉਹ ਮੂਰਖ ਬੰਦੇ ਕਰਮਹੀਣ ਹੀ ਰਹਿੰਦੇ ਹਨ, ਮੰਦ-ਭਾਗੀ ਹੀ ਰਹਿੰਦੇ ਹਨ ।੩।

ਹੇ ਭਾਈ! ਪਰਮਾਤਮਾ ਦੇ ਭਗਤਾਂ ਨੂੰ ਪਰਮਾਤਮਾ ਦਾ ਨਾਮ (ਹੀ ਜੀਵਨ ਦਾ) ਸਹਾਰਾ ਹੈ । ਧੁਰ ਦਰਗਾਹ ਤੋਂ ਪੂਰਬਲੇ ਜਨਮ ਵਿਚ (ਉਹਨਾਂ ਦੇ ਮੱਥੇ ਉਤੇ) ਵੱਡੇ ਭਾਗ ਲਿਖੇ ਹੋਏ ਸਮਝੋ । ਹੇ ਦਾਸ ਨਾਨਕ! ਗੁਰੂ ਨੇ ਸਤਿਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਸਿਮਰਨ ਪੱਕਾ ਕਰ ਦਿੱਤਾ, ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ ।੪।੨।

ਬਿਲਾਵਲੁ ਮਹਲਾ ੪ ॥ ਹਮਰਾ ਚਿਤੁ ਲੁਭਤ ਮੋਹਿ ਬਿਖਿਆ, ਬਹੁ ਦੁਰਮਤਿ ਮੈਲੁ ਭਰਾ ॥ ਤੁਮ੍ਰੀ ਸੇਵਾ ਕਰਿ ਨ ਸਕਹ ਪ੍ਰਭ, ਹਮ ਕਿਉ ਕਰਿ ਮੁਗਧ ਤਰਾ ॥੧॥ ਮੇਰੇ ਮਨ, ਜਪਿ ਨਰਹਰ ਨਾਮੁ ਨਰਹਰਾ ॥ ਜਨ ਊਪਰਿ ਕਿਰਪਾ ਪ੍ਰਭਿ ਧਾਰੀ, ਮਿਲਿ ਸਤਿਗੁਰ ਪਾਰਿ ਪਰਾ ॥੧॥ ਰਹਾਉ ॥ ਹਮਰੇ ਪਿਤਾ ਠਾਕੁਰ ਪ੍ਰਭ ਸੁਆਮੀ, ਹਰਿ ਦੇਹੁ ਮਤੀ ਜਸੁ ਕਰਾ ॥ ਤੁਮ੍ਰੈ ਸੰਗਿ ਲਗੇ ਸੇ ਉਧਰੇ, ਜਿਉ ਸੰਗਿ ਕਾਸਟ ਲੋਹ ਤਰਾ ॥੨॥ ਸਾਕਤ ਨਰ ਹੋਛੀ ਮਤਿ ਮਧਿਮ, ਜਿਨ੍ ਹਰਿ ਹਰਿ ਸੇਵ ਨ ਕਰਾ ॥ ਤੇ ਨਰ ਭਾਗਹੀਨ ਦੁਹਚਾਰੀ, ਓਇ ਜਨਮਿ ਮੁਏ ਫਿਰਿ ਮਰਾ ॥੩॥ ਜਿਨ ਕਉ ਤੁਮ੍ ਹਰਿ ਮੇਲਹੁ ਸੁਆਮੀ, ਤੇ ਨ੍ਹਾਏ ਸੰਤੋਖ ਗੁਰ ਸਰਾ ॥ ਦੁਰਮਤਿ ਮੈਲੁ ਗਈ ਹਰਿ ਭਜਿਆ, ਜਨ ਨਾਨਕ ਪਾਰਿ ਪਰਾ ॥੪॥੩॥ {ਪੰਨਾ ੭੯੯}

ਪਦ ਅਰਥ :—ਲੁਭਤ—ਲੋਭ ਵਿਚ ਫਸਿਆ ਹੋਇਆ, ਗ੍ਰਸਿਆ ਹੋਇਆ । ਮੋਹਿ—ਮੋਹ ਵਿਚ । ਬਿਖਿਆ—ਮਾਇਆ । ਦੁਰਮਤਿ—ਖੋਟੀ ਮਤਿ । ਭਰਾ—ਭਰਿਆ ਹੋਇਆ । ਕਰਿ ਨ ਸਕਹ—ਅਸੀ ਕਰ ਨਹੀਂ ਸਕਦੇ {ਸਕਹ—ਵਰਤਮਾਨ ਕਾਲ, ਉੱਤਮ ਪੁਰਖ, ਬਹੁ-ਵਚਨ} । ਕਿਉ ਕਰਿ—ਕਿਵੇਂ? ਮੁਗਧ—ਮੂਰਖ ।੧।

ਮਨ—ਹੇ ਮਨ! ਨਰਹਰ—{ਨਰਹਰ ਨਰਸਿਜ਼ਹ} ਪਰਮਾਤਮਾ । ਪ੍ਰਭਿ—ਪ੍ਰਭੂ ਨੇ । ਮਿਲਿ—ਮਿਲ ਕੇ । ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ । ਪਾਰਿ ਪਰਾ—ਪਾਰ ਲੰਘ ਗਿਆ ।੧।ਰਹਾਉ।

ਠਾਕੁਰ—ਹੇ ਠਾਕੁਰ! ਮਤੀ—ਅਕਲ, ਸਮਝ । ਜਸੁ—ਸਿਫ਼ਤਿ-ਸਾਲਾਹ । ਸੰਗਿ—ਨਾਲ, ਸੰਗਤਿ ਵਿਚ । ਸੇ—ਉਹ ਬੰਦੇ {ਬਹੁ-ਵਚਨ} । ਕਾਸਟ—ਕਾਠ, ਲੱਕੜ । ਲੋਹ—ਲੋਹਾ ।੨।

ਸਾਕਤ ਨਰ—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ । ਹੋਛੀ—ਹੌਲੀ! ਮਧਿਮ—{ਮਧ੍ਯਮ} ਨਿੰਮ੍ਹੀ, ਕਮਜ਼ੋਰ । ਤੇ ਨਰ—ਉਹ ਬੰਦੇ {ਤੇ—ਬਹੁ-ਵਚਨ} । ਦੁਹਚਾਰੀ—ਕੁਕਰਮੀ, ਦੁਰਾਚਾਰੀ । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} ।੩।

ਕਉ—ਨੂੰ । ਸੁਆਮੀ—ਹੇ ਸੁਆਮੀ! ਨ੍ਹਾਏ—ਇਸ਼ਨਾਨ ਕਰਦੇ ਹਨ । ਸੰਤੋਖ ਗੁਰ ਸਰਾ—ਗੁਰ ਸੰਤੋਖਸਰਾ, ਸੰਤੋਖ ਦੇ ਸਰੋਵਰ ਗੁਰੂ ਵਿਚ, ਉਸ ਗੁਰੂ ਵਿਚ ਜੋ ਸੰਤੋਖ ਦਾ ਸਰ ਹੈ {ਨੋਟ :—ਅੰਮ੍ਰਿਤਸਰ ਵਾਲੇ 'ਸੰਤੋਖਸਰ' ਦਾ ਇਥੇ ਜ਼ਿਕਰ ਨਹੀਂ । ਉਹ ਅਜੇ ਬਣਿਆ ਹੀ ਨਹੀਂ ਸੀ} ।੪।

ਅਰਥ :—ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ । ਜਿਸ ਮਨੁੱਖ ਉਤੇ ਪ੍ਰਭੂ ਨੇ ਕਿਰਪਾ ਕੀਤੀ, ਉਹ ਗੁਰੂ ਨੂੰ ਮਿਲ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ।੧।ਰਹਾਉ।

ਹੇ ਪ੍ਰਭੂ! ਅਸਾਂ ਜੀਵਾਂ ਦਾ ਮਨ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਖੋਟੀ ਮਤਿ ਦੀ ਮੈਲ ਨਾਲ ਬਹੁਤ ਭਰਿਆ ਰਹਿੰਦਾ ਹੈ; ਇਸੇ ਵਾਸਤੇ ਅਸੀ ਤੇਰੀ ਸੇਵਾ-ਭਗਤੀ ਕਰ ਨਹੀਂ ਸਕਦੇ । ਹੇ ਪ੍ਰਭੂ! ਅਸੀ ਮੂਰਖ ਕਿਵੇਂ ਸੰਸਾਰ-ਸਮੁੰਦਰ ਤੋਂ ਪਾਰ ਲੰਘੀਏ? ।੧।

ਹੇ ਪ੍ਰਭੂ! ਹੇ ਠਾਕੁਰ! ਹੇ ਸਾਡੇ ਪਿਤਾ! ਹੇ ਸਾਡੇ ਮਾਲਕ! ਹੇ ਹਰੀ! ਸਾਨੂੰ (ਅਜੇਹੀ) ਸਮਝ ਬਖ਼ਸ਼ ਕਿ ਅਸੀ ਤੇਰੀ ਸਿਫ਼ਤਿ-ਸਾਲਾਹ ਕਰਦੇ ਰਹੀਏ । ਹੇ ਪ੍ਰਭੂ! ਜਿਵੇਂ ਕਾਠ ਨਾਲ ਲੱਗ ਕੇ ਲੋਹਾ (ਨਦੀ ਤੋਂ) ਪਾਰ ਲੰਘ ਜਾਂਦਾ ਹੈ, ਤਿਵੇਂ ਜੇਹੜੇ ਬੰਦੇ ਤੇਰੇ ਚਰਨਾਂ ਵਿਚ ਜੁੜਦੇ ਹਨ ਉਹ ਵਿਕਾਰਾਂ ਤੋਂ ਬਚ ਜਾਂਦੇ ਹਨ ।੨।

ਹੇ ਭਾਈ! ਜਿਨ੍ਹਾਂ ਬੰਦਿਆਂ ਨੇ ਕਦੇ ਪਰਮਾਤਮਾ ਦੀ ਸੇਵਾ-ਭਗਤੀ ਨਹੀਂ ਕੀਤੀ, ਪਰਮਾਤਮਾ ਨਾਲੋਂ ਟੁੱਟੇ ਹੋਏ ਉਹਨਾਂ ਬੰਦਿਆਂ ਦੀ ਅਕਲ ਹੋਛੀ ਤੇ ਮਲੀਨ ਹੁੰਦੀ ਹੈ । ਉਹ ਮਨੁੱਖ ਬਦ-ਕਿਸਮਤ ਰਹਿ ਜਾਂਦੇ ਹਨ ਕਿਉਂਕਿ ਉਹ (ਪਵਿਤ੍ਰਤਾ ਦੇ ਸੋਮੇ ਪ੍ਰਭੂ ਤੋਂ ਵਿਛੁੜ ਕੇ) ਮੰਦ-ਕਰਮੀ ਹੋ ਜਾਂਦੇ ਹਨ । ਫਿਰ ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ।੩।

ਹੇ ਮਾਲਕ-ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜਨਾ ਚਾਹੁੰਦਾ ਹੈਂ, ਉਹ ਸੰਤੋਖ ਦੇ ਸਰੋਵਰ ਗੁਰੂ ਵਿਚ ਇਸ਼ਨਾਨ ਕਰਦੇ ਰਹਿੰਦੇ ਹਨ (ਉਹ ਗੁਰੂ ਵਿਚ ਲੀਨ ਹੋ ਕੇ ਆਪਣਾ ਜੀਵਨ ਪਵਿਤ੍ਰ ਬਣਾ ਲੈਂਦੇ ਹਨ) । ਹੇ ਦਾਸ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦਾ ਭਜਨ ਕਰਦੇ ਹਨ, (ਉਹਨਾਂ ਦੇ ਅੰਦਰੋਂ) ਖੋਟੀ ਮਤਿ ਦੀ ਮੈਲ ਦੂਰ ਹੋ ਜਾਂਦੀ ਹੈ, ਉਹ (ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਂਦੇ ਹਨ ।੪।

ਬਿਲਾਵਲੁ ਮਹਲਾ ੪ ॥ ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਕਥਾ ਕਰਹੁ ॥ ਹਰਿ ਹਰਿ ਨਾਮੁ ਬੋਹਿਥੁ ਹੈ ਕਲਜੁਗਿ ਖੇਵਟੁ ਗੁਰ ਸਬਦਿ ਤਰਹੁ ॥੧॥ ਮੇਰੇ ਮਨ ਹਰਿ ਗੁਣ ਹਰਿ ਉਚਰਹੁ ॥ ਮਸਤਕਿ ਲਿਖਤ ਲਿਖੇ ਗੁਨ ਗਾਏ ਮਿਲਿ ਸੰਗਤਿ ਪਾਰਿ ਪਰਹੁ ॥੧॥ ਰਹਾਉ ॥ ਕਾਇਆ ਨਗਰ ਮਹਿ ਰਾਮ ਰਸੁ ਊਤਮੁ ਕਿਉ ਪਾਈਐ ਉਪਦੇਸੁ ਜਨ ਕਰਹੁ ॥ ਸਤਿਗੁਰੁ ਸੇਵਿ ਸਫਲ ਹਰਿ ਦਰਸਨੁ ਮਿਲਿ ਅੰਮ੍ਰਿਤੁ ਹਰਿ ਰਸੁ ਪੀਅਹੁ ॥੨॥ ਹਰਿ ਹਰਿ ਨਾਮੁ ਅੰਮ੍ਰਿਤੁ ਹਰਿ ਮੀਠਾ ਹਰਿ ਸੰਤਹੁ ਚਾਖਿ ਦਿਖਹੁ ॥ ਗੁਰਮਤਿ ਹਰਿ ਰਸੁ ਮੀਠਾ ਲਾਗਾ ਤਿਨ੍ ਬਿਸਰੇ ਸਭਿ ਬਿਖ ਰਸਹੁ ॥੩॥ ਰਾਮ ਨਾਮੁ ਰਸੁ ਰਾਮ ਰਸਾਇਣੁ ਹਰਿ ਸੇਵਹੁ ਸੰਤ ਜਨਹੁ ॥ ਚਾਰਿ ਪਦਾਰਥ ਚਾਰੇ ਪਾਏ ਗੁਰਮਤਿ ਨਾਨਕ ਹਰਿ ਭਜਹੁ ॥੪॥੪॥ {ਪੰਨਾ ੭੯੯-੮੦੦}

ਪਦ ਅਰਥ :—ਸੰਤ—ਹੇ ਸੰਤ ਜਨੋ! ਭਾਈ—ਹੇ ਭਰਾਵੋ! ਮਿਲਿ—ਮਿਲ ਕੇ, ਰਲ ਕੇ । ਕਥਾ—ਸਿਫ਼ਤਿ-ਸਾਲਾਹ ਦੀਆਂ ਗੱਲਾਂ । ਬੋਹਿਥੁ—ਜਹਾਜ਼ । ਕਲਜੁਗਿ—ਕਲਜੁਗ ਵਿਚ, ਕਲਹ-ਭਰੇ ਸੰਸਾਰ ਵਿਚ {ਨੋਟ :—ਇਥੇ ਜੁਗਾਂ ਦੀ ਵੰਡ ਦਾ ਜ਼ਿਕਰ ਨਹੀਂ । ਕਲਜੁਗ ਦੇ ਜ਼ਮਾਨੇ ਵਿਚ ਆ ਕੇ ਸਾਧਾਰਨ ਤੌਰ ਤੇ ਆਪਣੇ ਸਮੇ ਦਾ ਜ਼ਿਕਰ ਕਰ ਰਹੇ ਹਨ । ਗੁਰੂ-ਆਸ਼ੇ ਅਨੁਸਾਰ ਕੋਈ ਇਕ ਜੁਗ ਕਿਸੇ ਦੂਸਰੇ ਜੁਗ ਨਾਲੋਂ ਵਧੀਆ ਜਾਂ ਘਟੀਆ ਨਹੀਂ ਹੈ} । ਖੇਵਟੁ—ਮਲਾਹ । ਸਬਦਿ—ਸ਼ਬਦ ਦੀ ਰਾਹੀਂ ।੧।

ਉਚਰਹੁ—ਉਚਾਰਨ ਕਰੋ । ਮਸਤਕਿ—ਮੱਥੇ ਉੱਤੇ । ਪਾਰਿ ਪਰਹੁ—ਪਾਰ ਲੰਘੋ ।੧।ਰਹਾਉ।

ਕਾਇਆ—ਸਰੀਰ । ਊਤਮੁ—ਸ੍ਰੇਸ਼ਟ, ਸਭ ਤੋਂ ਵਧੀਆ । ਜਨ—ਹੇ ਸੰਤ ਜਨੋ! ਸੇਵਿ—ਸੇਵਾ ਕਰ ਕੇ, ਸਰਨ ਪੈ ਕੇ । ਸਫਲ—ਫਲ ਦੇਣ ਵਾਲਾ, ਆਤਮਕ ਜੀਵਨ-ਰੂਪ ਫਲ ਦੇਣ ਵਾਲਾ । ਮਿਲਿ—(ਗੁਰੂ ਨੂੰ) ਮਿਲ ਕੇ ।੨।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਚਾਖਿ—ਚੱਖ ਕੇ । ਦਿਖਹੁ—ਦੇਖ ਲਵੋ । ਤਿਨ੍—ਉਹਨਾਂ ਨੂੰ । ਸਭਿ ਬਿਖ ਰਸਹੁ—ਸਾਰੇ ਜ਼ਹਿਰ-ਰਸ, ਸਾਰੇ ਉਹ ਰਸ ਜੋ ਆਤਮਕ ਜੀਵਨ ਲਈ ਜ਼ਹਿਰ ਹਨ ।੩।

ਰਸਾਇਣੁ—{ਰਸ-ਅਯਨ} ਰਸਾਂ ਦਾ ਘਰ, ਸ੍ਰੇਸ਼ਟ ਰਸ । ਚਾਰੇ—ਚਾਰ ਹੀ । ਚਾਰਿ ਪਦਾਰਥ—(ਧਰਮ, ਅਰਥ, ਕਾਮ, ਮੋਖ) ।

ਅਰਥ :—ਹੇ ਮੇਰੇ ਮਨ! ਸਦਾ ਪਰਮਾਤਮਾ ਦੇ ਗੁਣ ਯਾਦ ਕਰਦਾ ਰਹੁ । ਜਿਸ ਮਨੁੱਖ ਦੇ ਮੱਥੇ ਉੱਤੇ ਲਿਖੇ ਚੰਗੇ ਭਾਗ ਜਾਗਦੇ ਹਨ ਉਹ ਪ੍ਰਭੂ ਦੇ ਗੁਣ ਗਾਂਦਾ ਹੈ । (ਹੇ ਮਨ! ਤੂੰ ਭੀ) ਸਾਧ ਸੰਗਤਿ ਵਿਚ ਮਿਲ ਕੇ (ਗੁਣ ਗਾ ਅਤੇ ਸੰਸਾਰ-ਸਮੁੰਦਰ ਤੋਂ) ਪਾਰ ਲੰਘ ।੧।ਰਹਾਉ।

ਹੇ ਸੰਤ ਜਨੋ! ਹੇ ਭਰਾਵੋ! (ਸਾਧ-ਸੰਗਤਿ ਵਿਚ) ਇਕੱਠੇ ਰਲ ਬੈਠੋ, ਅਤੇ ਮਿਲ ਕੇ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰੋ । ਇਸ ਕਲਹ-ਭਰੇ ਸੰਸਾਰ ਵਿਚ ਪਰਮਾਤਮਾ ਦਾ ਨਾਮ (ਮਾਨੋ) ਜਹਾਜ਼ ਹੈ, (ਗੁਰੂ ਇਸ ਜਹਾਜ਼ ਦਾ) ਮਲਾਹ (ਹੈ, ਤੁਸੀ) ਗੁਰੂ ਦੇ ਸ਼ਬਦ ਵਿਚ ਜੁੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘੋ ।੧।

(ਸ਼ਹਿਰਾਂ ਵਿਚ ਖਾਣ ਪੀਣ ਲਈ ਕਈ ਕਿਸਮਾਂ ਦੇ ਸੁਆਦਲੇ ਪਦਾਰਥ ਮਿਲਦੇ ਹਨ । ਮਨੁੱਖਾ) ਸਰੀਰ (ਭੀ, ਮਾਨੋ, ਇਕ ਸ਼ਹਿਰ ਹੈ, ਇਸ) ਸ਼ਹਿਰ ਵਿਚ ਪਰਮਾਤਮਾ ਦਾ ਨਾਮ (ਸਭ ਪਦਾਰਥਾਂ ਨਾਲੋਂ) ਵਧੀਆ ਸੁਆਦਲਾ ਪਦਾਰਥ ਹੈ । (ਪਰ) ਹੇ ਸੰਤ ਜਨੋ! (ਮੈਨੂੰ) ਸਮਝਾਓ ਕਿ ਇਹ ਕਿਵੇਂ ਹਾਸਲ ਹੋਵੇ । (ਸੰਤ ਜਨ ਇਹੀ ਦੱਸਦੇ ਹਨ ਕਿ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ (ਆਤਮਕ ਜੀਵਨ-) ਫਲ ਦੇਣ ਵਾਲਾ ਦਰਸਨ ਕਰੋ, ਗੁਰੂ ਨੂੰ ਮਿਲ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਰਹੋ ।੨।

ਹੇ ਸੰਤ ਜਨੋ! ਬੇ-ਸ਼ੱਕ ਚੱਖ ਕੇ ਵੇਖ ਲਵੋ, ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਮਿੱਠਾ ਜਲ ਹੈ । ਗੁਰੂ ਦੀ ਸਿੱਖਿਆ ਉੱਤੇ ਤੁਰ ਕੇ ਜਿਨ੍ਹਾਂ ਮਨੁੱਖਾਂ ਨੂੰ ਇਹ ਨਾਮ-ਰਸ ਸੁਆਦਲਾ ਲੱਗਦਾ ਹੈ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਹੋਰ ਸਾਰੇ ਰਸ ਉਹਨਾਂ ਨੂੰ ਭੁੱਲ ਜਾਂਦੇ ਹਨ ।੩।

ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਸੁਆਦਲਾ ਪਦਾਰਥ ਹੈ, ਰਸੈਣ ਹੈ, ਸਦਾ ਇਸ ਦਾ ਸੇਵਨ ਕਰਦੇ ਰਹੋ (ਸਦਾ ਇਸ ਨੂੰ ਵਰਤਦੇ ਰਹੋ) । ਹੇ ਨਾਨਕ! (ਜਗਤ ਵਿਚ ਕੁੱਲ) ਚਾਰ ਪਦਾਰਥ (ਗਿਣੇ ਗਏ ਹਨ, ਨਾਮ-ਰਸੈਣ ਦੀ ਬਰਕਤਿ ਨਾਲ ਇਹ) ਚਾਰੇ ਹੀ ਮਿਲ ਜਾਂਦੇ ਹਨ । (ਇਸ ਵਾਸਤੇ) ਗੁਰੂ ਦੀ ਮਤਿ ਲੈ ਕੇ ਸਦਾ ਹਰਿ-ਨਾਮ ਦਾ ਭਜਨ ਕਰਦੇ ਰਹੋ ।੪।੪।

ਬਿਲਾਵਲੁ ਮਹਲਾ ੪ ॥ ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਕੋ ਜਾਪੈ ਹਰਿ ਮੰਤ੍ਰੁ ਜਪੈਨੀ ॥ ਗੁਰੁ ਸਤਿਗੁਰੁ ਪਾਰਬ੍ਰਹਮੁ ਕਰਿ ਪੂਜਹੁ ਨਿਤ ਸੇਵਹੁ ਦਿਨਸੁ ਸਭ ਰੈਨੀ ॥੧॥ ਹਰਿ ਜਨ ਦੇਖਹੁ ਸਤਿਗੁਰੁ ਨੈਨੀ ॥ ਜੋ ਇਛਹੁ ਸੋਈ ਫਲੁ ਪਾਵਹੁ ਹਰਿ ਬੋਲਹੁ ਗੁਰਮਤਿ ਬੈਨੀ ॥੧॥ ਰਹਾਉ ॥ ਅਨਿਕ ਉਪਾਵ ਚਿਤਵੀਅਹਿ ਬਹੁਤੇਰੇ ਸਾ ਹੋਵੈ ਜਿ ਬਾਤ ਹੋਵੈਨੀ ॥ ਅਪਨਾ ਭਲਾ ਸਭੁ ਕੋਈ ਬਾਛੈ ਸੋ ਕਰੇ ਜਿ ਮੇਰੈ ਚਿਤਿ ਨ ਚਿਤੈਨੀ ॥੨॥ ਮਨ ਕੀ ਮਤਿ ਤਿਆਗਹੁ ਹਰਿ ਜਨ ਏਹਾ ਬਾਤ ਕਠੈਨੀ ॥ ਅਨਦਿਨੁ ਹਰਿ ਹਰਿ ਨਾਮੁ ਧਿਆਵਹੁ ਗੁਰ ਸਤਿਗੁਰ ਕੀ ਮਤਿ ਲੈਨੀ ॥੩॥ ਮਤਿ ਸੁਮਤਿ ਤੇਰੈ ਵਸਿ ਸੁਆਮੀ ਹਮ ਜੰਤ ਤੂ ਪੁਰਖੁ ਜੰਤੈਨੀ ॥ ਜਨ ਨਾਨਕ ਕੇ ਪ੍ਰਭ ਕਰਤੇ ਸੁਆਮੀ ਜਿਉ ਭਾਵੈ ਤਿਵੈ ਬੁਲੈਨੀ ॥੪॥੫॥ {ਪੰਨਾ ੮੦੦}

ਪਦ ਅਰਥ :—ਸੂਦੁ—ਸ਼ੂਦਰ । ਵੈਸੁ—ਵੈਸ਼ । ਕੋ—ਹਰ ਕੋਈ । ਜਾਪੈ—ਜਪ ਸਕਦਾ ਹੈ । ਜਪੈਨੀ—ਜਪਣ-ਜੋਗ । ਕਰਿ—ਕਰ ਕੇ, (ਦਾ ਰੂਪ) ਜਾਣ ਕੇ । ਪੂਜਹੁ—ਸੇਵਾ ਕਰੋ, ਸਰਨ ਪਵੋ । ਰੈਨੀ—ਰਾਤ ।੧।

ਹਰਿ ਜਨ—ਹੇ ਹਰੀ ਦੇ ਸੇਵਕੋ! ਨੈਨੀ—ਨੈਨੀਂ, ਅੱਖਾਂ ਨਾਲ, ਅੱਖਾਂ ਖੋਲ੍ਹ ਕੇ । ਬੈਨੀ—ਬਚਨ, ਬੋਲ । ਹਰਿ ਬੈਨੀ—ਹਰੀ ਦੀ ਸਿਫ਼ਤਿ-ਸਾਲਾਹ ਦੇ ਬੋਲ ।੧।ਰਹਾਉ।

ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ਢੰਗ, ਤਦਬੀਰ । ਚਿਤਵੀਅਹਿ—{ਕਰਮ ਵਾਚ, ਵਰਤਮਾਨ ਕਾਲ, ਅੱਨ ਪੁਰਖ, ਬਹੁ-ਵਚਨ} ਚਿਤਵੇ ਜਾਂਦੇ ਹਨ । ਸਾ—ਉਹੀ । ਜਿ—ਜੇਹੜੀ । ਹੋਵੈਨੀ—(ਪ੍ਰਭੂ ਦੇ ਹੁਕਮ ਵਿਚ) ਹੋਣੀ ਹੈ । ਸਭੁ ਕੋਈ—ਹਰੇਕ ਜੀਵ । ਬਾਛੈ—ਚਾਹੁੰਦਾ ਹੈ, ਲੋੜਦਾ ਹੈ । ਸੋ—ਉਹ (ਕੰਮ) । ਜਿ—ਜੇਹੜਾ । ਮੇਰੈ ਚਿਤਿ—ਮੇਰੇ ਚਿਤ ਵਿਚ । ਮੇਰੈ ਚਿਤਿ ਨ ਚਿਤੈਨੀ—ਨਾਹ ਮੇਰੇ ਚਿੱਤ ਵਿਚ, ਨਾਹ ਮੇਰੇ ਚੇਤੇ ਵਿਚ, ਮੇਰੇ ਚਿੱਤ ਨ ਚੇਤੇ ।੨।

ਤਿਆਗਹੁ—ਛੱਡੋ । ਹਰਿ ਜਨ—ਹੇ ਹਰਿ-ਜਨੋ! ਕਠੈਨੀ—ਕਠਨ, ਔਖੀ । ਅਨੁਦਿਨੁ—{ਅਨੁਦਿਨਜ਼} ਹਰ ਰੋਜ਼ । ਲੈਨੀ—ਲੈ ਕੇ ।੩।

ਸੁਮਤਿ—ਚੰਗੀ ਅਕਲ । ਵਸਿ—ਵੱਸ ਵਿਚ । ਸੁਆਮੀ—ਹੇ ਸੁਆਮੀ! ਹੇ ਮਾਲਕ! ਜੰਤ—ਵਾਜੇ । ਪੁਰਖੁ—ਸਰਬ-ਵਿਆਪਕ ਮਾਲਕ । ਜੰਤੈਨੀ—ਵਾਜੇ ਵਜਾਣ ਵਾਲਾ । ਕਰਤੇ—ਹੇ ਕਰਤਾਰ! ਜਿਉ ਭਾਵੈ—ਜਿਵੇਂ ਤੈਨੂੰ ਚੰਗਾ ਲੱਗਦਾ ਹੈ । ਬੁਲੈਨੀ—(ਤੂੰ) ਬੁਲਾਂਦਾ ਹੈਂ ।੪।

ਅਰਥ :—ਹੇ ਪ੍ਰਭੂ ਦੇ ਸੇਵਕ-ਜਨੋ! ਗੁਰੂ ਨੂੰ ਅੱਖਾਂ ਖੋਲ੍ਹ ਕੇ ਵੇਖੋ (ਗੁਰੂ ਪਾਰਬ੍ਰਹਮ ਦਾ ਰੂਪ ਹੈ) । ਗੁਰੂ ਦੀ ਦਿੱਤੀ ਮਤਿ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਬਚਨ ਬੋਲੋ, ਜੇਹੜੀ ਇੱਛਾ ਕਰੋਗੇ ਉਹੀ ਫਲ ਪ੍ਰਾਪਤ ਕਰ ਲਵੋਗੇ ।੧।ਰਹਾਉ।

ਕੋਈ ਖਤ੍ਰੀ ਹੋਵੇ, ਚਾਹੇ ਬ੍ਰਾਹਮਣ ਹੋਵੇ, ਕੋਈ ਸ਼ੂਦਰ ਹੋਵੇ ਚਾਹੇ ਵੈਸ਼ ਹੋਵੇ, ਹਰੇਕ (ਸ਼੍ਰੇਣੀ ਦਾ) ਮਨੁੱਖ ਪ੍ਰਭੂ ਦਾ ਨਾਮ-ਮੰਤ੍ਰ ਜਪ ਸਕਦਾ ਹੈ (ਇਹ ਸਭਨਾਂ ਵਾਸਤੇ) ਜਪਣ-ਜੋਗ ਹੈ । ਹੇ ਹਰੀ-ਜਨੋ! ਗੁਰੂ ਨੂੰ ਪਰਮਾਤਮਾ ਦਾ ਰੂਪ ਜਾਣ ਕੇ ਗੁਰੂ ਦੀ ਸਰਨ ਪਵੋ । ਦਿਨ ਰਾਤ ਹਰ ਵੇਲੇ ਗੁਰੂ ਦੀ ਸਰਨ ਪਏ ਰਹੋ ।੧।

(ਗੁਰੂ ਪਰਮੇਸਰ ਦਾ ਆਸਰਾ-ਪਰਨਾ ਭੁਲਾ ਕੇ ਆਪਣੀ ਭਲਾਈ ਦੇ) ਅਨੇਕਾਂ ਤੇ ਬਥੇਰੇ ਢੰਗ ਸੋਚੀਦੇ ਹਨ, ਪਰ ਉਹੀ ਗੱਲ ਹੁੰਦੀ ਹੈ ਜੋ (ਰਜ਼ਾ ਅਨੁਸਾਰ) ਜ਼ਰੂਰ ਹੋਣੀ ਹੁੰਦੀ ਹੈ । ਹਰੇਕ ਜੀਵ ਆਪਣਾ ਭਲਾ ਲੋੜਦਾ ਹੈ, ਪਰ ਪ੍ਰਭੂ ਉਹ ਕੰਮ ਕਰ ਦੇਂਦਾ ਹੈ ਜੋ ਮੇਰੇ (ਤੁਹਾਡੇ) ਚਿੱਤ ਚੇਤੇ ਭੀ ਨਹੀਂ ਹੁੰਦਾ ।੨।

ਹੇ ਸੰਤ ਜਨੋ! ਆਪਣੇ ਮਨ ਦੀ ਮਰਜ਼ੀ (ਉਤੇ ਤੁਰਨਾ) ਛੱਡ ਦਿਉ (ਗੁਰੂ ਦੇ ਹੁਕਮ ਵਿਚ ਤੁਰੋ), ਪਰ ਇਹ ਗੱਲ ਹੈ ਬੜੀ ਹੀ ਔਖੀ । (ਫਿਰ ਭੀ) ਗੁਰੂ ਪਾਤਿਸ਼ਾਹ ਦੀ ਮਤਿ ਲੈ ਕੇ ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰੋ ।੩।

ਹੇ ਮਾਲਕ-ਪ੍ਰਭੂ! ਚੰਗੀ ਮੰਦੀ ਮਤਿ ਤੇਰੇ ਆਪਣੇ ਵੱਸ ਵਿਚ ਹੈ (ਤੇਰੀ ਪ੍ਰੇਰਨਾ ਅਨੁਸਾਰ ਹੀ ਕੋਈ ਜੀਵ ਚੰਗੇ ਰਾਹ ਤੁਰਦਾ ਹੈ ਕੋਈ ਮੰਦੇ ਪਾਸੇ), ਅਸੀ ਤੇਰੇ ਵਾਜੇ ਹਾਂ, ਤੂੰ ਸਾਨੂੰ ਵਜਾਣ ਵਾਲਾ ਸਭ ਵਿਚ ਵੱਸਣ ਵਾਲਾ ਪ੍ਰਭੂ ਹੈਂ । ਹੇ ਦਾਸ ਨਾਨਕ ਦੇ ਮਾਲਕ ਪ੍ਰਭੂ ਕਰਤਾਰ! ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਤੂੰ ਸਾਨੂੰ ਬੁਲਾਂਦਾ ਹੈ (ਸਾਡੇ ਮੂੰਹੋਂ ਬੋਲ ਕਢਾਂਦਾ ਹੈਂ) ।੪।੫।

ਬਿਲਾਵਲੁ ਮਹਲਾ ੪ ॥ ਅਨਦ ਮੂਲੁ ਧਿਆਇਓ ਪੁਰਖੋਤਮੁ ਅਨਦਿਨੁ ਅਨਦ ਅਨੰਦੇ ॥ ਧਰਮਰਾਇ ਕੀ ਕਾਣਿ ਚੁਕਾਈ ਸਭਿ ਚੂਕੇ ਜਮ ਕੇ ਛੰਦੇ ॥੧॥ ਜਪਿ ਮਨ ਹਰਿ ਹਰਿ ਨਾਮੁ ਗੁੋਬਿੰਦੇ ॥ ਵਡਭਾਗੀ ਗੁਰੁ ਸਤਿਗੁਰੁ ਪਾਇਆ ਗੁਣ ਗਾਏ ਪਰਮਾਨੰਦੇ ॥੧॥ ਰਹਾਉ ॥ ਸਾਕਤ ਮੂੜ ਮਾਇਆ ਕੇ ਬਧਿਕ ਵਿਚਿ ਮਾਇਆ ਫਿਰਹਿ ਫਿਰੰਦੇ ॥ ਤ੍ਰਿਸਨਾ ਜਲਤ ਕਿਰਤ ਕੇ ਬਾਧੇ ਜਿਉ ਤੇਲੀ ਬਲਦ ਭਵੰਦੇ ॥੨॥ ਗੁਰਮੁਖਿ ਸੇਵ ਲਗੇ ਸੇ ਉਧਰੇ ਵਡਭਾਗੀ ਸੇਵ ਕਰੰਦੇ ॥ ਜਿਨ੍ ਹਰਿ ਜਪਿਆ ਤਿਨ ਫਲੁ ਪਾਇਆ ਸਭਿ ਤੂਟੇ ਮਾਇਆ ਫੰਦੇ ॥੩॥ ਆਪੇ ਠਾਕੁਰੁ ਆਪੇ ਸੇਵਕੁ ਸਭੁ ਆਪੇ ਆਪਿ ਗੋਵਿੰਦੇ ॥ ਜਨ ਨਾਨਕ ਆਪੇ ਆਪਿ ਸਭੁ ਵਰਤੈ ਜਿਉ ਰਾਖੈ ਤਿਵੈ ਰਹੰਦੇ ॥੪॥੬॥ {ਪੰਨਾ ੮੦੦}

ਪਦ ਅਰਥ :—ਅਨਦ ਮੂਲੁ—ਆਨੰਦ ਦਾ ਸੋਮਾ । ਪੁਰਖੋਤਮੁ—ਉੱਤਮ ਪੁਰਖ । ਅਨਦਿਨੁ—ਹਰ ਰੋਜ਼, ਹਰ ਵੇਲੇ । ਅਨੰਦੇ—ਆਨੰਦ ਵਿਚ ਹੀ । ਕਾਣਿ—ਮੁਥਾਜੀ, ਧੌਂਸ, ਡਰ । ਸਭਿ—ਸਾਰੇ । ਚੂਕੇ—ਮੁੱਕ ਗਏ । ਛੰਦੇ—ਖ਼ੁਸ਼ਾਮਦਾਂ, ਮੁਲਾਹਜ਼ੇ ।੧।

ਮਨ—ਹੇ ਮਨ! ਗੁੋਬਿੰਦੇ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ—ੋ ਅਤੇ ੁ । ਅਸਲ ਲਫ਼ਜ਼ 'ਗੋਬਿੰਦੇ' ਹੈ, ਇਥੇ 'ਗੁਬਿੰਦੇ' ਪੜ੍ਹਨਾ ਹੈ} । ਪਰਮਾਨੰਦੇ—ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ ।੧।ਰਹਾਉ।

ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ । ਮੂੜ—ਮੂਰਖ । ਬਧਿਕ—ਬੱਝੇ ਹੋਏ । ਫਿਰਹਿ—ਫਿਰਦੇ ਹਨ । ਤ੍ਰਿਸਨਾ—ਲਾਲਚ (ਦੀ ਅੱਗ) । ਕਿਰਤ—ਪਿਛਲੇ ਕੀਤੇ ਕਰਮ । ਕੇ—ਦੇ ।੨।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸੇ—ਉਹ ਬੰਦੇ {ਬਹੁ-ਵਚਨ} । ਉਧਰੇ—(ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਜਾਂਦੇ ਹਨ । ਸੇਵ—ਸੇਵਾ-ਭਗਤੀ । ਸਭਿ ਫੰਦੇ—ਸਾਰੀਆਂ ਫਾਹੀਆਂ ।੩।

ਆਪੇ—ਆਪ ਹੀ । ਸਭੁ—ਹਰ ਥਾਂ । ਵਰਤੈ—ਮੌਜੂਦ ਹੈ ।੪।

ਅਰਥ :—ਹੇ (ਮੇਰੇ) ਮਨ! ਹਰੀ ਗੋਬਿੰਦ ਦਾ ਨਾਮ ਸਦਾ ਜਪਿਆ ਕਰ । ਜਿਸ ਵੱਡੇ ਭਾਗਾਂ ਵਾਲੇ ਮਨੁੱਖ ਨੂੰ ਗੁਰੂ ਮਿਲ ਪਿਆ, ਉਹ ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ ਗੁਣ ਗਾਂਦਾ ਹੈ (ਸੋ, ਹੇ ਮਨ! ਗੁਰੂ ਦੀ ਸਰਨ ਪਉ) ।੧।ਰਹਾਉ।

ਹੇ ਮਨ! ਜਿਸ ਮਨੁੱਖ ਨੇ ਆਨੰਦ ਦੇ ਸੋਮੇ ਉੱਤਮ ਪੁਰਖ ਪ੍ਰਭੂ ਦਾ ਨਾਮ ਸਿਮਰਿਆ, ਉਹ ਹਰ ਵੇਲੇ ਆਨੰਦ ਹੀ ਆਨੰਦ ਵਿਚ ਲੀਨ ਰਹਿੰਦਾ ਹੈ, ਉਸ ਨੂੰ ਧਰਮਰਾਜ ਦੀ ਮੁਥਾਜੀ ਨਹੀਂ ਰਹਿੰਦੀ, ਉਹ ਮਨੁੱਖ ਜਮਰਾਜ ਦੇ ਭੀ ਸਾਰੇ ਡਰ ਮੁਕਾ ਦੇਂਦਾ ਹੈ ।੧।

ਹੇ ਮਨ! ਪਰਮਾਤਮਾ ਨਾਲੋਂ ਟੁੱਟੇ ਹੋਏ ਮੂਰਖ ਮਨੁੱਖ ਮਾਇਆ (ਦੇ ਮੋਹ) ਵਿਚ ਬੱਝੇ ਰਹਿੰਦੇ ਹਨ, ਅਤੇ ਮਾਇਆ ਦੀ ਖ਼ਾਤਰ ਹੀ ਸਦਾ ਭਟਕਦੇ ਰਹਿੰਦੇ ਹਨ । ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ ਉਹ ਮਨੁੱਖ ਤ੍ਰਿਸ਼ਨਾ (ਦੀ ਅੱਗ) ਵਿਚ ਸੜਦੇ ਰਹਿੰਦੇ ਹਨ ਅਤੇ (ਜਨਮ ਮਰਨ ਦੇ ਗੇੜ ਵਿਚ) ਭੌਂਦੇ ਰਹਿੰਦੇ ਹਨ ਜਿਵੇਂ ਤੇਲੀਆਂ ਦੇ ਬਲਦ ਕੋਹਲੂ ਦੁਆਲੇ ਸਦਾ ਭੌਂਦੇ ਹਨ ।੨।

ਹੇ ਮਨ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸੇਵਾ-ਭਗਤੀ ਵਿਚ ਲੱਗ ਪਏ, ਉਹ (ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਗਏ । (ਪਰ, ਹੇ ਮਨ!) ਵੱਡੇ ਭਾਗਾਂ ਵਾਲੇ ਮਨੁੱਖ ਹੀ ਸੇਵਾ-ਭਗਤੀ ਕਰਦੇ ਹਨ । ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਨੇ (ਤ੍ਰਿਸ਼ਨਾ-ਅੱਗ ਵਿਚ ਸੜਨ ਤੋਂ ਬਚਣ ਦਾ) ਫਲ ਪ੍ਰਾਪਤ ਕਰ ਲਿਆ । ਉਹਨਾਂ ਦੀਆਂ ਮਾਇਆ ਦੀਆਂ ਸਾਰੀਆਂ ਹੀ ਫਾਹੀਆਂ ਟੁੱਟ ਜਾਂਦੀਆਂ ਹਨ ।੩।

(ਪਰ ਹੇ ਮਨ!) ਪ੍ਰਭੂ ਆਪ ਹੀ (ਜੀਵਾਂ ਦਾ) ਮਾਲਕ ਹੈ (ਸਭ ਵਿਚ ਵਿਆਪਕ ਹੋ ਕੇ) ਆਪ ਹੀ (ਆਪਣੀ) ਸੇਵਾ-ਭਗਤੀ ਕਰਨ ਵਾਲਾ ਹੈ, ਹਰ ਥਾਂ ਗੋਬਿੰਦ-ਪ੍ਰਭੂ ਆਪ ਹੀ ਆਪ ਮੌਜੂਦ ਹੈ । ਹੇ ਦਾਸ ਨਾਨਕ! ਹਰ ਥਾਂ ਪ੍ਰਭੂ ਆਪ ਹੀ ਆਪ ਵੱਸ ਰਿਹਾ ਹੈ । ਜਿਵੇਂ ਉਹ (ਜੀਵਾਂ ਨੂੰ) ਰੱਖਦਾ ਹੈ ਉਸੇ ਤਰ੍ਹਾਂ ਹੀ ਜੀਵ ਜੀਵਨ ਨਿਰਬਾਹ ਕਰਦੇ ਹਨ (ਕੋਈ ਉਸ ਦਾ ਸਿਮਰਨ ਕਰਦੇ ਹਨ, ਕੋਈ ਮਾਇਆ ਵਿਚ ਭਟਕਦੇ ਹਨ) ।੪।੬।